ਸ੍ਰੀ ਗੁਰੂ ਗ੍ਰੰਥ ਸਾਹਿਬ ਦਰਪਣ

ਪੋਥੀ ਛੇਵੀਂ

ਟੀਕਾਕਾਰ

ਡਾ: ਸਾਹਿਬ ਸਿੰਘ ਡੀ. ਲਿਟ.

ਰਾਜ ਪਬਲਿਸ਼ਰਜ਼ ਰਜਿ:

ੴ

ਸ੍ਰੀ ਗੁਰੂ ਗ੍ਰੰਥ ਸਾਹਿਬ ਦਰਪਣ

ਜਿਸ ਵਿਚ ਗੁਰਬਾਣੀ ਵਿਆਕਰਣ ਅਨੁਸਾਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ
ਪਦ-ਅਰਥ ਅਤੇ ਲੋੜੀਂਦੀ ਟੀਕਾ-ਟਿੱਪਣੀ ਸਮੇਤ ਅਰਥ ਦਿੱਤੇ ਗਏ ਹਨ

ਛੇਵੀਂ ਪੋਥੀ

[ਆਦਿ ਬੀੜ ਦੇ ਪੰਨਾ ੭੯੫ ਤੋਂ ੯੩੮ ਤਕ]

ਰਾਗੁ ਬਿਲਾਵਲੁ ਪੰਨਾ ੭੯੫ ਤੋਂ ੮੫੮ ਤਕ
ਰਾਗੁ ਗੋਂਡ ਪੰਨਾ ੮੫੯ ਤੋਂ ੮੭੫ ਤਕ
ਰਾਗੁ ਰਾਮਕਲੀ ਪੰਨਾ ੮੭੬ ਤੋਂ ੯੩੮ 'ਓਅੰਕਾਰੁ' ਦੇ ਅਖ਼ੀਰ ਤਕ

ਟੀਕਾਕਾਰ

ਪ੍ਰੋਫ਼ੈਸਰ ਸਾਹਿਬ ਸਿੰਘ

ਸਾਬਕ ਪ੍ਰਿੰਸੀਪਲ ਸ਼ਹੀਦ ਸਿੱਖ ਮਿਸ਼ਨਰੀ ਕਾਲਜ, ਅੰਮ੍ਰਿਤਸਰ
ਸਾਬਕ ਪ੍ਰੋਫੈਸਰ ਖ਼ਾਲਸਾ ਕਾਲਜ, ਅੰਮ੍ਰਿਤਸਰ

ਰਾਜ ਪਬਲਿਸ਼ਰਜ਼

ਜਲੰਧਰ

ਤੀਜੀ ਵਾਰ

ਕੀਮਤ 50/= ਰੁਪਏ

੧ ਓ ਸਤਿਗੁਰ ਪ੍ਰਸਾਦਿ ॥

ਧੰਨਵਾਦ

ਗੁਰੂ ਪਾਤਿਸ਼ਾਹ ਦੀ ਆਪਣੀ ਹੀ ਮਿਹਰ ਨਾਲ 'ਸ੍ਰੀ ਗੁਰੂ ਗ੍ਰੰਥ ਸਾਹਿਬ ਦਰਪਣ' ਦੀ ਇਹ ਛੇਵੀਂ ਪੋਥੀ ਗੁਰਬਾਣੀ ਦੇ ਪ੍ਰੇਮੀ ਪਾਠਕਾਂ ਦੇ ਹੱਥਾਂ ਵਿਚ ਅੱਪੜ ਰਹੀ ਹੈ।

ਇਸ ਪੋਥੀ ਵਿਚ—

ਇਸ ਪੋਥੀ ਵਿਚ ਹੇਠ-ਲਿਖੇ ਰਾਗਾਂ ਦੀ ਬਾਣੀ ਦਾ ਟੀਕਾ ਦਿੱਤਾ ਗਿਆ ਹੈ:—

ਰਾਗੁ ਬਿਲਾਵਲ

ਰਾਗੁ ਗੋਂਡ

ਰਾਗੁ ਰਾਮਕਲੀ [ਬਾਣੀ 'ਓਅੰਕਾਰੁ' ਦੇ ਅਖ਼ੀਰ ਤਕ]

ਪਾਠਕਾਂ ਪਾਸੋਂ ਖਿਮਾ

ਰਾਮਕਲੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪੰਨਾ ੯੭੪ ਤਕ ਹੈ। ਜੇ ਇਸ ਸਾਰੇ ਹੀ ਰਾਗੁ ਦੀ ਬਾਣੀ ਦਾ ਟੀਕਾ ਇਸ ਛੇਵੀਂ ਪੋਥੀ ਵਿਚ ਹੀ ਮੁਕਾਇਆ ਜਾਂਦਾ ਤਾਂ ਇਹ ਪੋਥੀ ੧੧੦੦ ਸਫ਼ੇ ਦੇ ਕਰੀਬ ਬਣ ਜਾਣੀ ਸੀ। ਇਤਨੇ ਵਡੇ ਆਕਾਰ ਦੀ ਪੋਥੀ ਨੂੰ ਪੜ੍ਹਨ ਵੇਲੇ ਸਾਂਭ ਕੇ ਰੱਖਣਾ ਔਖਾ ਕੰਮ ਹੋ ਜਾਂਦਾ ਹੈ। ਅੱਗੇ ਇਹ ਤਜਰਬਾ ਦੂਜੀ ਪੋਥੀ ਵਿਚ ਹੋ ਚੁਕਾ ਹੈ।

ਆਸ ਹੈ ਪਾਠਕ ਸੱਜਣ ਰਾਗ ਨੂੰ ਦੋ ਹਿੱਸਿਆਂ ਵਿਚ ਵੰਡਣ ਦੀ ਮਜਬੂਰੀ ਲਈ ਖਿਮਾ ਕਰਨਗੇ।

ਛਪਾਈ ਦੀ ਰਫ਼ਤਾਰ, ਤੇ, ਪਾਠਕਾਂ ਨੂੰ ਖੇਚਲ—

ਪੰਜਵੀਂ ਪੋਥੀ ਦੀ ਛਪਾਈ ਅੱਧ ਜੁਲਾਈ ਦੇ ਕਰੀਬ ਖ਼ਤਮ ਹੋਈ ਸੀ। ਦੋ ਮਹੀਨਿਆਂ ਵਿਚ ਛੇਵੀਂ ਪੋਥੀ ਦੀ ਛਪਾਈ ਸਿਰੇ ਚੜ੍ਹ ਗਈ ਹੈ। ਸ਼੍ਰੀ ਸੋਹਨ ਲਾਲ ਜੀ ਵਲੋਂ ਅਤੇ ਉਹਨਾਂ ਦੇ ਪ੍ਰੈੱਸ ਦੇ ਸਟਾਫ਼ ਵਲੋਂ ਉੱਦਮ ਕਰਨ ਵਿਚ ਕੋਈ ਕਸਰ ਨਹੀਂ ਰਹੀ। ਜਿੱਥੇ ਮੈਂ ਉਹਨਾਂ ਦਾ ਧੰਨਵਾਦ ਕਰਦਾ ਹਾਂ, ਉਥੇ ਪਾਠਕਾਂ ਦੀ ਸੇਵਾ ਵਿਚ ਭੀ ਬੇਨਤੀ ਕਰਨੋਂ ਨਹੀਂ ਰਹਿ ਸਕਦਾ ਕਿ ਉਹ ਆਪਣੇ ਹੋਰ ਸੱਜਣਾਂ ਮਿੱਤਰਾਂ ਨੂੰ ਦੱਸ ਪਾਣ ਦੀ ਕਿਰਪਾ ਕਰੀ ਜਾਣ। ਜੇ ਹਰੇਕ ਪਾਠਕ ਆਪਣੇ ਪੰਜ ਪੰਜ ਸੱਤ ਸੱਤ ਬਾਣੀ-ਦੇ-ਪ੍ਰੇਮੀ ਸਨੇਹੀਆਂ ਦੇ ਪੂਰੇ ਪਤੇ ਲਿਖ ਭੇਜਨ ਦੀ ਖੇਚਲ ਕਰੇ, ਤਾਂ ਇਸ ਤਰ੍ਹਾਂ ਉਹਨਾਂ ਸੱਜਣਾਂ ਨੂੰ

'ਰਾਜ ਪਬਲਿਸ਼ਰਜ਼' ਵਲੋਂ ਪ੍ਰੇਰਨਾ-ਪੱਤਰ ਭੇਜਿਆ ਜਾ ਸਕੇਗਾ ।

ਦਾਸ

ਸਾਹਿਬ ਸਿੰਘ

c/o ਡਾਕਟਰ ਦਲਜੀਤ ਸਿੰਘ ਐੱਮ. ਐੱਸ,
ਪੀ. ਸੀ. ਐੱਮ. ਐੱਸ,
ਪ੍ਰਾਇਮਰੀ ਹੈੱਲਥ ਸੈਂਟਰ
ਸਿਧਵਾਂ ਬੇਟ
ਜ਼ਿਲ੍ਹਾ ਲੁਧਿਆਣਾ

ਸਿਧਵਾਂ ਬੇਟ
੨੨ ਸਤੰਬਰ ੧੯੬੩

ਦੂਜੀ ਛਾਪ—

ਮੈਂ ਆਪਣੇ ਪਾਠਕਾਂ ਦਾ ਧਨਵਾਦ ਕਰਦਾ ਹਾਂ ਕਿ ਉਹਨਾਂ ਮੇਰੀ ਕੀਤੀ ਇਸ ਮਿਹਨਤ ਵਿਚ ਦਿਲ-ਚਸਪੀ ਲੈ ਕੇ ਮੈਨੂੰ ਇਸ ਪੋਥੀ ਦੀ ਦੂਜੀ ਛਾਪ ਪੇਸ਼ ਕਰਨ ਦਾ ਮੌਕਾ ਦਿੱਤਾ ਹੈ ।

ਸਾਹਿਬ ਸਿੰਘ

c/o ਡਾਕਟਰ ਦਲਜੀਤ ਸਿੰਘ ਐੱਮ. ਐੱਸ

੪੯੪—ਅਜੀਤ ਨਗਰ
ਨਵਾਂ ਪਟਿਆਲਾ ।
ਮਈ ੧੯੭੦

੧ ੴ ਸਤਿਗੁਰ ਪ੍ਰਸਾਦਿ ॥

ਤਤਕਰਾ

੧ ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ ॥

ਰਾਗੁ ਬਿਲਾਵਲੁ ਮਹਲਾ ੧ ਚਉਪਦੇ ਘਰੁ ੧

ਤੂ ਸੁਲਤਾਨੁ ਕਹਾ ਹਉ ਮੀਆ ਤੇਰੀ ਕਵਨ ਵਡਾਈ ॥ ਜੋ ਤੂ ਦੇਹਿ ਸੁ ਕਹਾ ਸੁਆਮੀ ਮੈ ਮੂਰਖ ਕਹਣੁ ਨ ਜਾਈ ॥੧॥ ਤੇਰੇ ਗੁਣ ਗਾਵਾ ਦੇਹਿ ਬੁਝਾਈ ॥ ਜੈਸੇ ਸਚ ਮਹਿ ਰਹਉ ਰਜਾਈ ॥ ੧ ॥ ਰਹਾਉ ॥ ਜੋ ਕਿਛੁ ਹੋਆ ਸਭੁ ਕਿਛੁ ਤੁਝ ਤੇ ਤੇਰੀ ਸਭ ਅਸਨਾਈ॥ ਤੇਰਾ ਅੰਤੁ ਨ ਜਾਣਾ ਮੇਰੇ ਸਾਹਿਬ ਮੈ ਅੰਧੁਲੇ ਕਿਆ ਚਤੁਰਾਈ ॥ ੨ ॥ ਕਿਆ ਹਉ ਕਥੀ ਕਥੇ ਕਥਿ ਦੇਖਾ ਮੈ ਅਕਥੁ ਨ ਕਥਨਾ ਜਾਈ ॥ ਜੋ ਤੁਧੁ ਭਾਵੈ ਸੋਈ ਆਖਾ ਤਿਲੁ ਤੇਰੀ ਵਡਿਆਈ ॥ ੩ ॥ ਏਤੇ ਕੂਕਰ ਹਉ ਬੇਗਾਨਾ ਭਉਕਾ ਇਸੁ ਤਨ ਤਾਈ ॥ ਭਗਤਿ ਹੀਣੁ ਨਾਨਕੁ ਜੇ ਹੋਇਗਾ ਤਾਂ ਖਸਮੈ ਨਾਉ ਨ ਜਾਈ ॥ ੪ ॥ ੧ ॥ [ਪੰਨਾ ੭੯੫]

ਪਦ ਅਰਥ:–ਕਹਾ ਹਉ–ਮੈਂ ਆਖਦਾ ਹਾਂ। ਕਵਨ ਵਡਾਈ–ਕੋਈ ਵਡਿਆਈ ਨਹੀਂ। ਕਹਾ–ਮੈਂ ਆਖਦਾ ਹਾਂ। ੧।

ਗਾਵਾ–ਮੈਂ ਗਾਵਾਂ। ਬੁਝਾਈ–ਸਮਝ, ਅਕਲ। ਜੈਸੇ–ਜਿਸ ਤਰ੍ਹਾਂ, ਤਾਂ ਜੋ। ਰਹਉ–ਮੈਂ ਟਿਕਿਆ ਰਹਾਂ। ਰਜਾਈ–ਹੇ ਰਜ਼ਾ ਦੇ ਮਾਲਕ-ਪ੍ਰਭੂ ! ੧। ਰਹਾਉ।

ਤੁਝ ਤੇ–ਤੈਥੋਂ। ਅਸਨਾਈ–ਨਾਈ, ਵਡਿਆਈ ['ਸ੍ਨਾ' ਅਰਬੀ ਲਫ਼ਜ਼ ਹੈ, ਅਰਥ ਹੈ 'ਵਡਿਆਈ'] ਨੋਟ ! ਜਦੋਂ ਕਿਸੇ ਲਫ਼ਜ਼ ਦੇ ਸ਼ੁਰੂ ਵਿਚ ਦੋ ਜੁੜਵੇਂ ਅੱਖਰ ਹੋਣ ਜਿਨ੍ਹਾਂ ਵਿਚ ਪਹਿਲਾ ਅੱਖਰ 'ਸ' ਹੋਵੇ, ਤਾਂ ਪੰਜਾਬੀ-ਉਚਾਰਨ ਵਿਚ ਉਹਨਾਂ ਦੋਹਾਂ ਅੱਖਰਾਂ ਨੂੰ ਵਖ ਵਖ ਕਰ ਕੇ 'ਸ' ਦੇ ਪਹਿਲਾਂ 'ਅ' ਵਰਤ ਲਈਦਾ ਹੈ। ਜਾਂ, 'ਸ' ਉਡਾ ਹੀ ਦੇਈਦਾ ਹੈ; ਜਿਵੇਂ,

(ਸ੍ਥਾਨ) ਸ੍ਥਾਨ–ਅਸਥਾਨ, ਥਾਨ

(ਸ੍ਤਮ੍ਭ) ਸ੍ਤੰਭ–ਅਸਥੰਭ, ਥੰਭ, ਥੰਮ੍ਹ

(ਸ੍ਟੇਸ਼ਨ) ਸ੍ਰਿਸ਼ਨ–ਅਸਟੇਸ਼ਨ, ਟੇਸ਼ਨ

(ਸ੍ਨਾ) ਸ੍ਨਾ–ਅਸਨਾਈ, ਨਾਈ [ਅਰਬੀ ਲਫ਼ਜ਼]

ਸਾਹਿਬ–ਹੇ ਸਾਹਿਬ ! ਚਤੁਰਾਈ–ਅਕਲ, ਚਲਾਕੀ । ੨ ।

ਹਉ–ਮੈਂ । ਕਥੀ–ਮੈਂ ਬਿਆਨ ਕਰਾਂ । ਕਥੇ ਕਥਿ–ਕਥਿ ਕਥਿ, ਕਥ ਕੇ ਕਥ ਕੇ । ਦੇਖਾ–ਮੈਂ ਵੇਖਦਾ ਹਾਂ । ਅਕਥੁ–ਜਿਸ ਦੇ ਗੁਣ ਕਹੇ ਨ ਜਾ ਸਕਣ । ਤਿਲੁ–ਰਤਾ ਕੁ । ੩ ।

ਏਤੇ–ਇਤਨੇ, ਅਨੇਕਾਂ । ਕੂਕਰ੍–ਕੁੱਤੇ, ਕਾਮਾਦਿਕ ਵਿਕਾਰ । ਬੇਗਾਨਾ–ਓਪਰਾ । ਭਉਕਾ–ਮੈਂ ਭੌਂਕਦਾ ਹਾਂ । ਇਸੁ ਤਨ ਤਾਈ–ਇਸ ਸਰੀਰ ਨੂੰ ਬਚਾਣ ਵਾਸਤੇ । ਖਸਮੈ ਨਾਉ–ਖਸਮ ਦਾ ਨਾਮ, ਖਸਮ ਦੀ ਬਜ਼ੁਰਗੀ, ਖਸਮ ਦੀ ਵਡਿਆਈ । ਨ ਜਾਈ–ਦੂਰ ਨਹੀਂ ਹੋ ਸਕਦੀ ।

ਨੋਟ ! ਕੋਈ ਓਪਰਾ ਕੁੱਤਾ ਕਿਸੇ ਪਿੰਡ ਵਿਚ ਚਲਾ ਜਾਏ, ਤਾਂ ਉਥੋਂ ਦੇ ਸਾਰੇ ਕੁੱਤੇ ਰਲ ਕੇ ਉਸ ਨੂੰ ਵੱਢਣ ਪੈਂਦੇ ਹਨ । ਉਹ ਵਿਚਾਰਾ ਆਪਣੇ ਆਪ ਨੂੰ ਉਹਨਾਂ ਤੋਂ ਬਚਾਣ ਲਈ ਮਾੜਾ ਮਾੜਾ ਭੌਂਕਦਾ ਹੈ । ਇਹ ਦ੍ਰਿਸ਼ਟਾਂਤ ਦੇ ਕੇ ਸਤਿਗੁਰੂ ਜੀ ਆਖਦੇ ਹਨ ਕਿ ਇਸ ਓਪਰੇ ਜਗਤ ਵਿਚ ਮੈਂ ਇਕੱਲਾ ਹਾਂ ਤੇ ਕਾਮਾਦਿਕ ਅਨੇਕਾਂ ਕੁੱਤੇ ਮੈਨੂੰ ਵੱਢਣ ਪੈ ਰਹੇ ਹਨ । ਇਹਨਾਂ ਤੋਂ ਬਚਣ ਲਈ ਮੈਂ ਤੇਰੇ ਦਰ ਤੇ ਤਰਲੇ ਲੈ ਰਿਹਾ ਹਾਂ, ਜਿਵੇਂ ਉਹ ਓਪਰਾ ਕੁੱਤਾ ਦੂਜੇ ਕੁੱਤਿਆਂ ਤੋਂ ਬਚਣ ਲਈ ਭੌਂਕਦਾ ਹੈ । ੪ ।

ਅਰਥ :–ਹੇ ਰਜ਼ਾ ਦੇ ਮਾਲਕ-ਪ੍ਰਭੂ ! ਤੂੰ ਸਦਾ ਕਾਇਮ ਰਹਿਣ ਵਾਲਾ ਹੈਂ । ਮੈਨੂੰ (ਅਜੇਹੀ) ਸਮਝ ਬਖ਼ਸ਼ ਕਿ ਮੈਂ ਤੇਰੀ ਸਿਫ਼ਤਿ ਸਾਲਾਹ ਕਰ ਸਕਾਂ, ਤੇ, ਸਿਫ਼ਤਿ ਸਾਲਾਹ ਦੀ ਬਰਕਤਿ ਨਾਲ ਮੈਂ ਤੇਰੇ (ਚਰਨਾਂ) ਵਿਚ ਟਿਕਿਆ ਰਹਿ ਸਕਾਂ । ੧ । ਰਹਾਉ ।

ਹੇ ਪ੍ਰਭੂ ! ਤੇਰੀ ਸਿਫ਼ਤਿ ਸਾਲਾਹ ਕਰ ਕੇ ਮੈਂ ਤੇਰੀ ਵਡਿਆਈ ਨਹੀਂ ਕਰ ਰਿਹਾ, (ਇਹ ਤਾਂ ਇਉਂ ਹੀ ਹੈ ਕਿ)ਤੂੰ ਬਾਦਸ਼ਾਹ ਹੈਂ, ਤੇ ਮੈਂ ਤੈਨੂੰ ਮੀਆਂ ਆਖ ਰਿਹਾ ਹਾਂ । (ਪਰ ਇਤਨੀ ਕੁ ਸਿਫ਼ਤਿ ਸਾਲਾਹ ਕਰਨੀ ਮੇਰੀ ਆਪਣੀ ਸਮਰੱਥਾ ਨਹੀਂ ਹੈ) ਹੇ ਮਾਲਕ-ਪ੍ਰਭੂ ! (ਸਿਫ਼ਤਿ ਸਾਲਾਹ ਕਰਨ ਦਾ) ਜਿਤਨਾ ਕੁ ਬਲ ਤੂੰ ਦੇਂਦਾ ਹੈਂ ਮੈਂ ਉਤਨਾ ਕੁ ਤੇਰੇ ਗੁਣ ਆਖ ਲੈਂਦਾ ਹਾਂ । ਮੈਂ ਅੰਞਾਣ ਪਾਸੋਂ ਤੇਰੇ ਗੁਣ ਬਿਆਨ ਨਹੀਂ ਹੋ ਸਕਦੇ । ੧ ।

ਇਹ ਜਿਤਨਾ ਕੁ ਜਗਤ ਬਣਿਆ ਹੋਇਆ ਹੈ ਇਹ ਸਾਰਾ ਤੈਥੋਂ ਹੀ ਬਣਿਆ ਹੈ, ਇਹ ਸਾਰੀ ਤੇਰੀ ਹੀ ਬਜ਼ੁਰਗੀ ਹੈ । ਹੇ ਮਾਲਕ-ਪ੍ਰਭੂ ! ਮੈ ਤੇਰੇ ਗੁਣਾਂ ਦਾ ਅੰਤ ਨਹੀਂ ਜਾਣ ਸਕਦਾ । ਮੈਂ ਅੰਨ੍ਹਾ ਹਾਂ (ਤੁੱਛ-ਅਕਲ ਹਾਂ) ਮੇਰੇ ਵਿਚ ਕੋਈ ਐਸੀ ਸਿਆਣਪ ਨਹੀਂ ਹੈ (ਕਿ ਮੈਂ ਤੇਰੇ ਗੁਣਾਂ ਦਾ ਅੰਤ ਜਾਣ ਸਕਾਂ । ੨ ।

ਮੈਂ ਤੇਰੇ ਗੁਣ ਬਿਲਕੁਲ ਨਹੀਂ ਕਹਿ ਸਕਦਾ। ਤੇਰੇ ਗੁਣ ਆਖ ਆਖ ਕੇ ਜਦੋਂ ਮੈਂ ਵੇਖਦਾ ਹਾਂ (ਤਾਂ ਮੈਨੂੰ ਸਮਝ ਪੈਂਦੀ ਹੈ ਕਿ) ਤੇਰਾ ਸਰੂਪ ਬਿਆਨ ਤੋਂ ਪਰੇ ਹੈ, ਮੈਂ ਬਿਆਨ ਕਰਨ ਜੋਗਾ ਨਹੀਂ ਹਾਂ। ਤੇਰੀ ਰਤਾ ਮਾਤ੍ਰ ਵਡਿਆਈ ਭੀ ਜੇਹੜੀ ਮੈਂ ਆਖਦਾ ਹਾਂ ਉਹੀ ਆਖਦਾ ਹਾਂ ਜੋ ਤੈਨੂੰ ਭਾਉਂਦੀ ਹੈ (ਭਾਵ, ਜਿਤਨੀ ਕੁ ਤੂੰ ਬਿਆਨ ਕਰਨ ਲਈ ਆਪ ਹੀ ਸਮਝ ਦੇਂਦਾ ਹੈਂ)।੩।

(ਹੇ ਪ੍ਰਭੂ ! ਇਥੇ ਕਾਮਾਦਿਕ) ਅਨੇਕਾਂ ਕੁੱਤੇ ਹਨ, ਮੈਂ (ਇਹਨਾਂ ਵਿਚ) ਓਪਰਾ (ਆ ਫਸਿਆ) ਹਾਂ, (ਜਿਤਨੀ ਕੁ ਤੇਰੀ ਸਿਫ਼ਤਿ ਸਾਲਾਹ ਕਰਦਾ ਹਾਂ ਉਹ ਭੀ ਮੈਂ) ਆਪਣੇ ਇਸ ਸਰੀਰ ਨੂੰ (ਕਾਮਾਦਿਕ ਕੁੱਤਿਆਂ ਤੋਂ ਬਚਾਣ ਲਈ ਭੌਂਕਦਾ ਹੀ ਹਾਂ, ਜਿਵੇਂ ਓਪਰਾ ਕੁੱਤਾ ਵੈਰੀ ਕੁੱਤਿਆਂ ਤੋਂ ਬਚਣ ਲਈ ਭੌਂਕਦਾ ਹੈ)। (ਮੈਨੂੰ ਇਹ ਧਰਵਾਸ ਹੈ ਕਿ) ਜੇ (ਤੇਰਾ ਦਾਸ) ਨਾਨਕ ਭਗਤੀ ਤੋਂ ਸੱਖਣਾ ਹੈ (ਤਾਂ ਭੀ ਤੂੰ ਮੇਰੇ ਸਿਰ ਤੇ ਰਾਖਾ ਖਸਮ ਹੈਂ, ਤੇ ਤੈਂ) ਖਸਮ ਦੀ ਇਹ ਸੋਭਾ ਦੂਰ ਨਹੀਂ ਹੋ ਗਈ (ਕਿ ਤੂੰ ਮੁੱਢ ਕਦੀਮਾਂ ਤੋਂ ਸਰਨ ਆਏ ਦੀ ਸਹੈਤਾ ਕਰਦਾ ਆਇਆ ਹੈਂ)।੪।੧।

ਬਿਲਾਵਲੁ ਮਹਲਾ ੧ ॥ ਮਨੁ ਮੰਦਰੁ ਤਨੁ ਵੇਸ ਕਲੰਦਰੁ ਘਟ ਹੀ ਤੀਰਥਿ ਨਾਵਾ ॥ ਏਕੁ ਸਬਦੁ ਮੇਰੈ ਪ੍ਰਾਨਿ ਬਸਤੁ ਹੈ ਬਾਹੁੜਿ ਜਨਮਿ ਨ ਆਵਾ ॥੧॥ ਮਨੁ ਬੇਧਿਆ ਦਇਆਲ ਸੇਤੀ ਮੇਰੀ ਮਾਈ ॥ ਕਉਣੁ ਜਾਣੈ ਪੀਰ ਪਰਾਈ ॥ ਹਮ ਨਾਹੀ ਚਿੰਤ ਪਰਾਈ ॥੧॥ ਰਹਾਉ ॥ ਅਗਮ ਅਗੋਚਰ ਅਲਖ ਅਪਾਰਾ ਚਿੰਤਾ ਕਰਉ ਹਮਾਰੀ ॥ ਜਲਿ ਥਲਿ ਮਹੀਅਲਿ ਭਰਿਪੁਰਿ ਲੀਣਾ ਘਟਿ ਘਟਿ ਜੋਤਿ ਤੁਮ੍ਹ੍ਹਾਰੀ ॥੨॥ ਸਿਖ ਮਤਿ ਸਭ ਬੁਧਿ ਤੁਮ੍ਹ੍ਹਾਰੀ ਮੰਦਿਰ ਛਾਵਾ ਤੇਰੇ ॥ ਤੁਝ ਬਿਨੁ ਅਵਰੁ ਨ ਜਾਣਾ ਮੇਰੇ ਸਾਹਿਬਾ ਗੁਣ ਗਾਵਾ ਨਿਤ ਤੇਰੇ ॥੩॥ ਜੀਅ ਜੰਤ ਸਭਿ ਸਰਣਿ ਤੁਮ੍ਹ੍ਹਾਰੀ ਸਰਬ ਚਿੰਤ ਤੁਧੁ ਪਾਸੇ ॥ ਜੋ ਤੁਧੁ ਭਾਵੈ ਸੋਈ ਚੰਗਾ ਇਕ ਨਾਨਕ ਕੀ ਅਰਦਾਸੇ ॥੪॥੨॥ [ਪੰਨਾ ੭੯੫]

ਪਦ ਅਰਥ :—ਮੰਦਰੁ—ਦੇਵਤੇ ਦਾ ਅਸਥਾਨ। ਤਨੁ—ਸਰੀਰ (ਭਾਵ, ਗਿਆਨ-ਇੰਦ੍ਰੇ)। ਵੇਸ ਕਲੰਦਰੁ—ਫ਼ਕੀਰੀ ਪਹਿਰਾਵੇ ਵਾਲਾ। ਕਲੰਦਰ—ਫਕੀਰ, ਰਮਤਾ ਫਕੀਰ। ਘਟ ਹੀ—ਘਟਿ ਹੀ, ਹਿਰਦੇ ਵਿਚ ਹੀ। ਤੀਰਥਿ—ਤੀਰਥ ਉਤੇ। ਨਾਵਾ—ਮੈਂ ਨ੍ਹਾਉਂਦਾ ਹਾਂ। ਏਕੁ ਸਬਦੁ—ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਸ਼ਬਦ। ਮੇਰੈ ਪ੍ਰਾਨਿ—ਮੇਰੀ ਜਿੰਦ ਵਿਚ। ਜਨਮਿ—ਜਨਮ ਵਿਚ। ਬਾਹੁੜਿ—ਮੁੜ, ਫਿਰ। ਆਵਾ—ਆਵਾਂਗਾ।੧।

ਬੇਧਿਆ—ਵਿੱਝ ਗਿਆ ਹੈ। ਸੇਤੀ—ਨਾਲ। ਮੇਰੀ ਮਾਈ—ਹੇ ਮੇਰੀ ਮਾਂ ! ਕਉਣੁ

ਜਾਣੈ–ਹੋਰ ਕੋਈ ਨਹੀਂ ਜਾਣਦਾ। ਪੀਰ–ਪੀੜ। ਚਿੰਤ ਪਰਾਈ–ਕਿਸੇ ਹੋਰ ਦੀ ਆਸ। ੧। ਰਹਾਉ।

ਅਗਮ–ਹੇ ਅਗੰਮ! ਹੇ ਅਪਹੁੰਚ! ਅਗੋਚਰੁ–ਅ-ਗੋ-ਚਰ, ਜਿਸ ਤਕ ਇੰਦ੍ਰਿਆਂ ਦੀ ਪਹੁੰਚ ਨ ਹੋ ਸਕੇ। ਅਲਖ–ਅਦ੍ਰਿਸ਼ਟ। ਚਿੰਤਾ–ਫ਼ਿਕਰ, ਧਿਆਨ, ਸੰਭਾਲ। ਕਰਹੁ–ਤੁਸੀ ਕਰਦੇ ਹੋ। ਮਹੀਅਲਿ–ਮਹੀ ਤਲਿ, ਧਰਤੀ ਦੇ ਤਲ ਉਤੇ, ਪੁਲਾੜ ਵਿਚ, ਆਕਾਸ਼ ਵਿਚ। ਭਰਿਪੁਰਿ–ਭਰਪੂਰ, ਨਕਾ ਨਕ। ਘਟਿ–ਘਟ ਵਿਚ। ਘਟਿ ਘਟਿ–ਹਰੇਕ ਘਟ ਵਿਚ। ੨।

ਸਿਖ–ਸ਼ਿੱਖਿਆ। ਮਤਿ–ਅਕਲ। ਮੰਦਿਰ–ਜੀਵਾਂ ਦੇ ਮਨ (ਰੂਪ ਮੰਦਰ)। ਛਾਵਾ-ਸਰੀਰ। ਜਾਣਾ–ਮੈਂ ਜਾਣਦਾ। ਗਾਵਾਂ–ਮੈਂ ਗਾਂਦਾ ਹਾਂ। ੪।

ਸਭਿ–ਸਾਰੇ। ਚਿੰਤ–ਫਿਕਰ, ਸੰਭਾਲ।ਤੁਧੁ ਪਾਸੇ–ਤੇਰੇ ਪਾਸ, ਤੈਨੂੰ ਹੀ। ੪।

ਅਰਥ :–ਹੇ ਮੇਰੀ ਮਾਂ! (ਮੇਰਾ) ਮਨ ਦਇਆ-ਦੇ-ਘਰ ਪ੍ਰਭੂ (ਦੇ ਚਰਨਾਂ) ਵਿਚ ਵਿੱਝ ਗਿਆ ਹੈ। ਹੁਣ ਮੈਂ (ਪ੍ਰਭੂ ਤੋਂ ਬਿਨਾ) ਕਿਸੇ ਹੋਰ ਦੀ ਆਸ ਨਹੀਂ ਰੱਖਦਾ, ਕਿਉਂਕਿ ਮੈਨੂੰ ਯਕੀਨ ਹੋ ਗਿਆ ਹੈ ਕਿ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਕਿਸੇ ਦੂਜੇ ਦਾ ਦੁੱਖ-ਦਰਦ ਸਮਝ ਨਹੀਂ ਸਕਦਾ। ੧। ਰਹਾਉ।

ਮੇਰਾ ਮਨ (ਪ੍ਰਭੂ-ਦੇਵ ਦੇ ਰਹਿਣ ਲਈ) ਮੰਦਰ (ਬਣ ਗਿਆ) ਹੈ, ਮੇਰਾ ਸਰੀਰ (ਭਾਵ, ਮੇਰਾ ਹਰੇਕ ਗਿਆਨ-ਇੰਦ੍ਰਾ ਮੰਦਰ ਦੀ ਜਾਤ੍ਰਾ ਕਰਨ ਵਾਲਾ) ਰਮਤਾ ਸਾਧੂ ਬਣ ਗਿਆ ਹੈ(ਭਾਵ, ਮੇਰੇ ਗਿਆਨ-ਇੰਦ੍ਰੇ ਬਾਹਰ ਭਟਕਣ ਦੇ ਥਾਂ ਅੰਦਰ-ਵੱਸਦੇ ਪਰਮਾਤਮਾ ਵਲ ਪਰਤ ਪਏ ਹਨ), ਹੁਣ ਮੈਂ ਹਿਰਦੇ-ਤੀਰਥ ਉਤੇ ਹੀ ਇਸਨਾਨ ਕਰਦਾ ਹਾਂ। ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਸ਼ਬਦ ਮੇਰੀ ਜਿੰਦ ਵਿਚ ਟਿਕ ਗਿਆ ਹੈ (ਮੇਰੀ ਜਿੰਦ ਦਾ ਆਸਰਾ ਬਣ ਗਿਆ। ਇਸ ਵਾਸਤੇ ਮੈਨੂੰ ਯਕੀਨ ਹੋ ਗਿਆ ਹੈ ਕਿ) ਮੈਂ ਮੁੜ ਜਨਮ ਵਿਚ ਨਹੀਂ ਆਵਾਂਗਾ। ੧।

• ਹੇ ਅਪਹੁੰਚ! ਹੇ ਅਗੋਚਰ! ਹੇ ਅਦ੍ਰਿਸ਼ਟ !ਹੇ ਬੇਅੰਤ ਪ੍ਰਭੂ! ਤੂੰ ਹੀ ਸਾਡੀ ਸਭ ਜੀਵਾਂ ਦੀ ਸੰਭਾਲ ਕਰਦਾ ਹੈਂ। ਤੂੰ ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ ਹਰ ਥਾਂ ਨਕਾਨਕ ਵਿਆਪਕ ਹੈਂ, ਹਰੇਕ (ਜੀਵ ਦੇ) ਹਿਰਦੇ ਵਿਚ ਤੇਰੀ ਜੋਤਿ ਮੌਜੂਦ ਹੈ।੨।

ਹੇ ਮੇਰੇ ਮਾਲਕ-ਪ੍ਰਭੂ! ਸਭ ਜੀਵਾਂ ਦੇ ਮਨ ਤੇ ਸਰੀਰ ਤੇਰੇ ਹੀ ਰਚੇ ਹੋਏ ਹਨ, ਸ਼ਿੱਖਿਆ ਅਕਲ ਸਮਝ ਸਭ ਜੀਵਾਂ ਨੂੰ ਤੈਥੋਂ ਹੀ ਮਿਲਦੀ ਹੈ। ਤੇਰੇ ਬਰਾਬਰ ਦਾ ਮੈਂ ਕਿਸੇ ਹੋਰ ਨੂੰ ਨਹੀਂ ਜਾਣਦਾ। ਮੈਂ ਨਿਤ ਤੇਰੇ ਹੀ ਗੁਣ ਗਾਂਦਾ ਹਾਂ। ੩।

ਸਾਰੇ ਜੀਵ ਜੰਤ ਤੇਰੇ ਹੀ ਆਸਰੇ ਹਨ, ਤੈਨੂੰ ਹੀ ਸਭ ਦੀ ਸੰਭਾਲ ਦਾ ਫਿਕਰ ਹੈ। ਨਾਨਕ ਦੀ (ਤੇਰੇ ਦਰ ਤੇ) ਸਿਰਫ਼ ਇਹੀ ਬੇਨਤੀ ਹੈ ਕਿ ਜੋ ਤੇਰੀ ਰਜ਼ਾ ਹੋਵੇ ਉਹ ਮੈਨੂੰ

ਚੰਗੀ ਲੱਗੇ (ਮੈਂ ਸਦਾ ਤੇਰੀ ਰਜ਼ਾ ਵਿਚ ਰਾਜ਼ੀ ਰਹਾਂ) । ੪ । ੨ ।

ਬਿਲਾਵਲੁ ਮਹਲਾ ੧ ॥ ਆਪੇ ਸਬਦੁ ਆਪੇ ਨੀਸਾਨੁ ॥ ਆਪੇ ਸੁਰਤਾ ਆਪੇ ਜਾਨੁ ॥ ਆਪੇ ਕਰਿ ਕਰਿ ਵੇਖੈ ਤਾਣੁ ॥ ਤੂ ਦਾਤਾ ਨਾਮੁ ਪਰ-ਵਾਣੁ ॥ ੧ ॥ ਐਸਾ ਨਾਮੁ ਨਿਰੰਜਨ ਦੇਉ ॥ ਹਉ ਜਾਚਿਕੁ ਤੂ ਅਲਖ ਅਭੇਉ ॥੧॥ ਰਹਾਉ ॥ ਮਾਇਆ ਮੋਹੁ ਧਰਕਟੀ ਨਾਰਿ ॥ ਭੂੰਡੀ ਕਾਮਣਿ ਕਾਮਣਿਆਰਿ ॥ ਰਾਜੁ ਰੂਪੁ ਝੂਠਾ ਦਿਨ ਚਾਰਿ ॥ ਨਾਮੁ ਮਿਲੈ ਚਾਨਣੁ ਅੰਧਿਆਰਿ ॥੨॥ ਚਖਿ ਛੋਡੀ ਸਹਸਾ ਨਹੀ ਕੋਇ ॥ ਬਾਪੁ ਦਿਸੈ ਵੇਜਾਤਿ ਨ ਹੋਇ ॥ ਏਕੇ ਕਉ ਨਾਹੀ ਭਉ ਕੋਇ ॥ ਕਰਤਾ ਕਰੇ ਕਰਾਵੈ ਸੋਇ ॥ ੩ ॥ ਸਬਦਿ ਮੁਏ ਮਨੁ ਮਨ ਤੇ ਮਾਰਿਆ ॥ ਠੀਕ ਰਹੇ ਮਨੁ ਸਾਚੈ ਧਾਰਿਆ ॥ ਅਵਰੁ ਨਾ ਸੂਝੈ ਗੁਰ ਕਉ ਵਾਰਿਆ ॥ ਨਾਨਕ ਨਾਮਿ ਰਤੇ ਨਿਸਤਾਰਿਆ ॥ ੪ ॥ ੩ ॥ [ਪੰਨਾ ੭੯੫]

ਪਦ ਅਰਥ :—ਸਬਦੁ—ਸਿਫ਼ਤਿ ਸਲਾਹ ਦੀ ਬਾਣੀ । ਨੀਸਾਨੁ—ਪਰਵਾਨਾ, ਰਾਹਦਾਰੀ । ਸੁਰਤਾ—ਸੁਣਨ ਵਾਲਾ । ਜਾਨੁ—ਜਾਣਨ ਵਾਲਾ । ਕਰਿ ਕਰਿ—ਸ੍ਰਿਸ਼ਟੀ ਰਚ ਰਚ ਕੇ । ਵੇਖੈ—ਸੰਭਾਲ ਕਰਦਾ ਹੈ । ਤਾਣੁ—ਤਾਕਤ, ਬਲ । ਪਰਵਾਣੁ—ਕਬੂਲ ।੧।

ਐਸਾ—ਏਹੋ ਜੇਹਾ ਹੀ (ਭਾਵ, ਮਾਇਆ ਦੇ ਪ੍ਰਭਾਵ ਤੋਂ ਨਿਰਲੇਪ ਰੱਖਣ ਵਾਲਾ) । ਨਿਰੰਜਨ—ਹੇ ਨਿਰਲੇਪ ਪ੍ਰਭੂ ! ਦੇਉ—ਪ੍ਰਕਾਸ਼-ਰੂਪ । ਹਉ—ਮੈਂ । ਜਾਚਿਕੁ—ਮੰਗਤਾ । ਅਲਖ—ਜਿਸ ਦਾ ਕੋਈ ਚਿਹਨ ਚੱਕ੍ਰ ਨਾਂਹ ਲੱਭ ਸਕੇ । ਅਭੇਉ—ਜਿਸ ਦਾ ਭੇਦ ਨਾ ਪਾਇਆ ਜਾ ਸਕੇ ।੧। ਰਹਾਉ ।

ਧਰਕਟੀ ਨਾਰਿ—ਵਿਭਚਾਰਨ ਇਸਤ੍ਰੀ । ਭੂੰਡੀ—ਭੈੜੀ । ਕਾਮਣਿ—ਇਸਤ੍ਰੀ । ਕਾਮਣਿਆਰਿ—ਟੂਣੇ ਕਰਨ ਵਾਲੀ । ਝੂਠਾ—ਨਾਸਵੰਤ । ਦਿਨ ਚਾਰਿ—ਥੋੜ੍ਹੇ ਦਿਨ ਰਹਿਣ ਵਾਲਾ । ਅੰਧਿਆਰਿ—(ਮਾਇਆ ਦੇ ਮੋਹ ਦੇ) ਹਨੇਰੇ ਵਿਚ । ੨ ।

ਚਖਿ ਛੋਡੀ—ਪਰਖ ਵੇਖੀ ਹੈ[ਨੋਟ: ਲਫ਼ਜ਼ 'ਛੋਡੀ' ਦਾ ਭਾਵ ਸਮਝਣ ਵਾਸਤੇ ਵੇਖੋ "ਰਾਗ ਆਸਾ ਪਟੀ ਮ: ੧" ਵਿਚ ਆਇਆ ਲਫ਼ਜ਼ 'ਛੋਡੀ'] । ਸਹਸਾ—ਸ਼ੱਕ । ਬਾਪੁ—ਪਿਉ । ਦਿਸੈ—ਹਰੇਕ ਨੂੰ ਪਤਾ ਹੋਵੇ, ਪ੍ਰਤੱਖ ਨਜ਼ਰੀਂ ਆਉਂਦਾ ਹੋਵੇ । ਵੇਜਾਤਿ—ਹਰਾਮੀ । ਏਕੇ ਕਉ—ਇੱਕ ਪ੍ਰਭੂ-ਪਿਤਾ ਵਾਲੇ ਨੂੰ ।੩।

ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ, ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਵਿਚ (ਜੁੜ ਕੇ) । ਮੁਏ—ਜੋ ਮਨੁੱਖ ਆਪਾ-ਭਾਵ ਵਲੋਂ ਮਰੇ ਹਨ । ਮਨ ਤੇ—ਮਨ ਤੋਂ, ਮਾਨਸਕ ਫੁਰਨਿਆਂ ਤੋਂ, ਮਾਇਕ ਫੁਰਨਿਆਂ ਵਲੋਂ । ਠਾਕਿ ਰਹੇ—ਠਾਕੇ ਰਹਿੰਦੇ ਹਨ,

ਰੁਕੇ ਰਹਿੰਦੇ ਹਨ। ਸਾਚੈ—ਸੱਚੇ ਪ੍ਰਭੂ ਨੇ। ਧਾਰਿਆ—ਆਸਰਾ ਦਿੱਤਾ ਹੈ। ਵਾਰਿਆ—ਕੁਰਬਾਨ ਹੁੰਦੇ ਹਨ। ਨਾਮਿ—ਨਾਮ ਵਿਚ। ਰਤੇ—ਰੰਗੇ ਹੋਏ। ੪।

ਅਰਥ :—ਹੇ ਮਾਇਆ ਦੇ ਪ੍ਰਭਾਵ ਤੋਂ ਰਹਿਤ ਪ੍ਰਕਾਸ਼-ਰੂਪ ਪ੍ਰਭੂ ! ਤੇਰਾ ਨਾਮ ਭੀ ਇਹੋ ਜੇਹਾ ਹੀ ਹੈ (ਜਿਹੋ ਜੇਹਾ ਤੂੰ ਆਪ ਹੈਂ। ਭਾਵ, ਤੇਰਾ ਨਾਮ ਭੀ ਮਾਇਆ ਦੇ ਮੋਹ ਤੋਂ ਬਚਾਂਦਾ ਹੈ)। ਹੇ ਪ੍ਰਭੂ ! ਤੇਰਾ ਕੋਈ ਖ਼ਾਸ ਚਿਹਨ ਚੱਕ੍ਰ ਨਹੀਂ ਲੱਭ ਸਕਦਾ, ਤੇਰਾ ਭੇਦ ਨਹੀਂ ਪਾਇਆ ਜਾ ਸਕਦਾ। ਮੈਂ (ਤੇਰੇ ਦਰ ਤੇ) ਮੰਗਤਾ ਹਾਂ (ਤੇ ਤੈਥੋਂ ਤੇਰੇ ਨਾਮ ਦੀ ਦਾਤਿ ਮੰਗਦਾ ਹਾਂ) ।੧। ਰਹਾਉ।

(ਜਿਸ ਮਨੁੱਖ ਨੂੰ ਨਾਮ ਦੀ ਦਾਤਿ ਮਿਲ ਜਾਂਦੀ ਹੈ ਉਸ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ ਪ੍ਰਭੂ) ਆਪ ਹੀ ਸਿਫ਼ਤਿ ਸਾਲਾਹ ਹੈ (ਭਾਵ, ਜਿਥੇ ਉਸ ਦੀ ਸਿਫ਼ਤਿ ਸਾਲਾਹ ਹੁੰਦੀ ਹੈ ਉਥੇ ਉਹ ਮੌਜੂਦ ਹੈ), ਆਪ ਹੀ (ਜੀਵ ਵਾਸਤੇ ਜੀਵਨ-ਸਫ਼ਰ ਵਿਚ) ਰਾਹ-ਦਾਰੀ ਹੈ, ਪ੍ਰਭੂ ਆਪ ਹੀ (ਜੀਵਾਂ ਦੀਆਂ ਅਰਦਾਸਾਂ) ਸੁਣਨ ਵਾਲਾ ਹੈ, ਆਪ ਹੀ (ਜੀਵਾਂ ਦੇ ਦੁੱਖ-ਦਰਦ) ਜਾਨਣ ਵਾਲਾ ਹੈ। ਪ੍ਰਭੂ ਆਪ ਹੀ ਜਗਤ-ਰਚਨਾ ਕਰ ਕੇ ਆਪ ਹੀ ਆਪਣਾ (ਇਹ) ਬਲ ਵੇਖ ਰਿਹਾ ਹੈ।

ਹੇ ਪ੍ਰਭੂ ! ਤੂੰ (ਜੀਵਾਂ ਨੂੰ ਸਭ ਦਾਤਾਂ) ਦੇਣ ਵਾਲਾ ਹੈਂ, (ਜਿਸ ਨੂੰ ਤੂੰ ਆਪਣਾ ਨਾਮ ਬਖ਼ਸ਼ਦਾ ਹੈਂ, ਉਹ ਤੇਰੇ ਦਰ ਤੇ) ਕਬੂਲ ਹੋ ਜਾਂਦਾ ਹੈ। ੧।

(ਨਾਮ ਜਪਣ ਵਾਲੇ ਨੂੰ ਇਹ ਸਮਝ ਆ ਜਾਂਦੀ ਹੈ ਕਿ) ਮਾਇਆ ਦਾ ਮੋਹ ਇਕ ਵਿਭਚਾਰਨ ਇਸਤ੍ਰੀ ਦੇ ਮੋਹ ਸਮਾਨ ਹੈ, ਮਾਇਆ ਇਕ ਟੂਣੇ ਕਰਨ ਵਾਲੀ ਭੈੜੀ ਇਸਤ੍ਰੀ ਸਮਾਨ ਹੈ, ਦੁਨੀਆ ਦੀ ਹਕੂਮਤ ਤੇ ਸੁੰਦਰਤਾ ਨਾਸਵੰਤ ਹਨ, ਥੋੜੇ ਹੀ ਦਿਨ ਰਹਿਣ ਵਾਲੇ ਹਨ (ਪਰ ਇਹਨਾਂ ਦੇ ਅਸਰ ਹੇਠ ਮਨੁੱਖ ਜਹਾਲਤ ਦੇ ਹਨੇਰੇ ਵਿਚ ਜੀਵਨ ਵਿਚ ਜੀਵਨ-ਠੇਡੇ ਖਾਂਦਾ ਫਿਰਦਾ ਹੈ)। ਜਿਸ ਮਨੁੱਖ ਨੂੰ ਪ੍ਰਭੂ ਦਾ ਨਾਮ ਮਿਲ ਜਾਂਦਾ ਹੈ, ਉਸ ਨੂੰ (ਮਾਇਆ ਦੇ ਮੋਹ ਦੇ) ਹਨੇਰੇ ਵਿਚ ਚਾਨਣ ਮਿਲ ਜਾਂਦਾ ਹੈ। ੩।

(ਇਹ ਗੱਲ ਚੰਗੀ ਤਰ੍ਹਾਂ) ਪਰਖ ਵੇਖੀ ਹੈ, ਜਿਸ ਵਿਚ ਕੋਈ ਸ਼ੱਕ ਨਹੀਂ ਕਿ ਜਿਸ ਦਾ ਪਿਉ ਪ੍ਰਤੱਖ ਦਿੱਸਦਾ ਹੋਵੇ ਉਹ ਭੈੜੇ ਅਸਲੇ ਵਾਲਾ ਨਹੀਂ ਅਖਵਾਂਦਾ (ਜੋ ਮਨੁੱਖ ਆਪਣੇ ਸਿਰ ਉਤੇ ਪਿਤਾ-ਪ੍ਰਭੂ ਨੂੰ ਰਾਖਾ ਮੰਨਦਾ ਹੈ ਉਹ ਵਿਕਾਰਾਂ ਵਲ ਨਹੀਂ ਪਰਤਦਾ)। ਇੱਕ ਪ੍ਰਭੂ-ਪਿਤਾ ਵਾਲੇ ਨੂੰ (ਕਿਸੇ ਤੋਂ) ਕੋਈ ਡਰ ਨਹੀਂ ਰਹਿੰਦਾ (ਕਿਉਂਕਿ ਉਸ ਨੂੰ) ਯਕੀਨ ਬਣਿਆ ਰਹਿੰਦਾ ਹੈ ਕਿ) ਉਹ ਪਰਮਾਤਮਾ ਹੀ ਸਭ ਕੁਝ ਕਰਦਾ ਹੈ ਤੇ (ਜੀਵਾਂ ਪਾਸੋਂ) ਕਰਾਂਦਾ ਹੈ। ੩।

ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਾ-ਭਾਵ ਮੁਕਾਂਦੇ ਹਨ ਆਪਣੇ ਮਨ ਨੂੰ ਮਾਇਕ ਫੁਰਨਿਆਂ ਵਲੋਂ ਰੋਕ ਲੈਂਦੇ ਹਨ, ਉਹ ਵਿਕਾਰਾਂ ਵਲੋਂ ਰੁਕੇ ਰਹਿੰਦੇ

ਹਨ ਕਿਉਂਕਿ ਸੱਚਾ ਕਰਤਾਰ ਉਹਨਾਂ ਦੇ ਮਨ ਨੂੰ (ਆਪਣੇ ਨਾਮ ਦਾ) ਆਸਰਾ ਦੇਂਦਾ ਹੈ। ਮੈਂ ਗੁਰੂ ਤੋਂ ਸਦਕੇ ਹਾਂ, ਉਸ ਤੋਂ ਬਿਨਾ ਕੋਈ ਹੋਰ ਐਸਾ ਨਹੀਂ (ਜੋ ਮਨ ਨੂੰ ਪ੍ਰਭੂ ਵਿਚ ਜੋੜਨ ਲਈ ਸਹਾਇਤਾ ਕਰੇ)।

ਹੇ ਨਾਨਕ ! ਪ੍ਰਭੂ-ਨਾਮ ਵਿਚ ਰੰਗੇ ਹੋਏ ਬੰਦਿਆਂ ਨੂੰ ਪ੍ਰਭੂ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ। ੪। ੩।

ਬਿਲਾਵਲੁ ਮਹਲਾ ੧॥ਗੁਰ ਬਚਨੀ ਮਨੁ ਸਹਜ ਧਿਆਨੇ ॥ ਹਰਿ ਕੈ ਰੰਗਿ ਰਤਾ ਮਨੁ ਮਾਨੇ।। ਮਨਮੁਖ ਭਰਮਿ ਭੁਲੇ ਬਉਰਾਨੇ।।ਹਰਿ ਬਿਨੁ ਕਿਉ ਰਹੀਐ ਗੁਰ ਸਬਦਿ ਪਛਾਨੇ॥੧॥ਬਿਨੁ ਦਰਸਨ ਕੈਸੇ ਜੀਵਉ ਮੇਰੀ ਮਾਈ॥ ਹਰਿ ਬਿਨੁ ਜੀਅਰਾ ਰਹਿ ਨ ਸਕੈ ਖਿਨੁ ਸਤਿਗੁਰਿ ਬੂਝ ਬੁਝਾਈ ।। ੧ ।। ਰਹਾਉ।। ਮੇਰਾ ਪ੍ਰਭੁ ਬਿਸਰੈ ਹਉ ਮਰਉ ਦੁਖਾਲੀ।।ਸਾਸਿ ਗਿਰਾਸਿ ਜਪਉ ਅਪੁਨੇ ਹਰਿ ਭਾਲੀ ॥ ਸਦ ਬੈਰਾਗਨਿ ਹਰਿਨਾਮੁ ਨਿਹਾਲੀ ॥ ਅਬ ਜਾਨੇ ਗੁਰਮੁਖਿ ਹਰਿ ਨਾਲੀ ॥੨॥ ਅਕਥ ਕਥਾ ਕਹੀਐ ਗੁਰ ਭਾਇ ।। ਪ੍ਰਭੁ ਅਗਮ ਅਗੋਚਰੁ ਦੇਇ ਦਿਖਾਇ ॥ਬਿਨੁ ਗੁਰ ਕਰਣੀ ਕਿਆ ਕਾਰ ਕਮਾਇ॥ ਹਉਮੈ ਮੇਟਿ ਚਲੈ ਗੁਰ ਸਬਦਿ ਸਮਾਇ ।।੩।। ਮਨਮੁਖੁ ਵਿਛੁੜੈ ਖੋਟੀ ਰਾਸਿ ॥ ਗੁਰਮੁਖਿ ਨਾਮਿ ਮਿਲੈ ਸਾਬਾਸਿ ॥ ਹਰਿ ਕਿਰਪਾ ਧਾਰੀ ਦਾਸਨਿ ਦਾਸ ॥ ਜਨ ਨਾਨਕ ਹਰਿਨਾਮ ਧਨੁ ਰਾਸਿ ।।੪।।੪।। [ਪੰਨਾ ੭੯੬]

ਪਦ ਅਰਥ :–ਗੁਰ ਬਚਨੀ–ਗੁਰੂ ਦੇ ਬਚਨਾਂ ਦੀ ਰਾਹੀਂ, ਗੁਰੂ ਦੇ ਬਚਨਾਂ ਤੇ ਤੁਰਿਆਂ। ਸਹਜ ਧਿਆਨੇ–ਸਹਜ ਧਿਆਨਿ, ਅਡੋਲਤਾ ਦੀ ਸਮਾਧੀ ਵਿਚ। ਰੰਗਿ–ਰੰਗ ਵਿਚ, ਪਿਆਰ ਵਿਚ। ਮਾਨੇ-ਮੰਨ ਜਾਂਦਾ ਹੈ, ਪਰਚ ਜਾਂਦਾ ਹੈ। ਮਨਮੁਖ–ਆਪਣੇ ਮਨ ਵਲ ਮੂੰਹ ਰੱਖਣ ਵਾਲੇ, ਆਪਣੇ ਮਨ ਦੇ ਪਿੱਛੇ ਤੁਰਨ ਵਾਲੇ। ਭਰਮਿ–ਭਟਕਣਾ ਵਿਚ। ਬਉਰਾਨੇ, ਕਮਲੇ, ਝੱਲੇ। ਕਿਉ ਰਹੀਐ–ਨਹੀਂ ਰਹਿ ਸਕੀਦਾ। ਗੁਰ ਸਬਦਿ–ਗੁਰੂ ਦੇ ਸ਼ਬਦ ਦੀ ਰਾਹੀਂ। ਪਛਾਨੇ–ਪਛਾਣ, ਸਾਂਝ, ਮੇਲ-ਜੋਲ। ੧।

ਕੈਸੇ ਜੀਵਉ–ਮੈਂ ਨਹੀਂ ਜੀਊ ਸਕਦਾ। ਮਾਈ–ਹੇ ਮਾਂ ! ਜੀਅਰਾ–ਨਿਮਾਣੀ ਜਿੰਦ। ਖਿਨੁ–ਰਤਾ ਕੁ ਸਮਾ ਭੀ। ਸਤਿਗੁਰਿ–ਸਤਿਗੁਰੂ ਨੇ। ਬੂਝ–ਅਕਲ, ਸਮਝ। ਬੁਝਾਈ–ਸਮਝਾ ਦਿੱਤੀ ਹੈ। ੧। ਰਹਾਉ।

ਹਉ ਮਰਉ–ਮੈਂ ਮਰਦੀ ਹਾਂ, ਮੇਰੀ ਜਿੰਦ ਵਿਆਕਲ ਹੋ ਜਾਂਦੀ ਹੈ। ਦੁਖਾਲੀ–ਦੁੱਖੀ। ਸਾਸਿ–ਇੱਕ ਸਾਹ ਨਾਲ। ਗਿਰਾਸਿ–ਇਕ ਗਿਰਾਹੀ ਨਾਲ। ਸਾਸਿ ਗਿਰਾਸਿ–ਇਕ ਇਕ ਸਾਹ ਤੇ ਗਿਰਾਹੀ ਨਾਲ, ਹਰ ਵੇਲੇ। ਭਾਲੀ–ਭਾਲੀਂ, ਮੈਂ ਭਾਲਦੀ ਹਾਂ,

ਲੱਭਦੀ ਹਾਂ। ਬੈਰਾਗਨਿ—ਦੁਨੀਆ ਦੇ ਰਸਾਂ ਵਲੋਂ ਉਦਾਸ। ਨਿਹਾਲੀ—ਮੈਂ ਵੇਖਦੀ ਹਾਂ, ਨਜ਼ਰ ਰੱਖਦੀ ਹਾਂ। ਅਬ—ਹੁਣ। ਜਾਨੇ—ਜਾਣਿਆ ਹੈ, ਸਮਝ ਆਈ ਹੈ। ਗੁਰਮੁਖਿ—ਗੁਰੂ ਵਲ ਮੂੰਹ ਕੀਤਿਆਂ, ਗੁਰੂ ਦੀ ਰਾਹੀਂ। ਨਾਲੀ—ਨਾਲਿ, ਅੰਗ-ਸੰਗ। ੨।

ਅਕਥੁ—ਉਹ ਪ੍ਰਭੂ ਜਿਸ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ। ਅਕਥ ਕਥਾ—ਬੇਅੰਤ ਗੁਣਾਂ ਨਾਲੇ ਪ੍ਰਭੂ ਭੀ ਸਿਫ਼ਤਿ ਸਾਲਾਹ ਦੀ ਗੱਲ। ਕਹੀਐ—ਆਖੀ ਜਾ ਸਕਦੀ ਹੈ। ਭਾਉ—ਪ੍ਰੇਮ। ਭਾਇ—ਪ੍ਰੇਮ ਦੀ ਰਾਹੀਂ। ਗੁਰ ਭਾਇ—ਗੁਰੂ ਦੇ ਪ੍ਰੇਮ ਵਿਚ ਜੁੜਿਆਂ। ਦੇਇ ਦਿਖਾਇ—ਵਿਖਾਲ ਦੇਂਦਾ ਹੈ। ਗੁਰ ਕਰਣੀ—ਗੁਰੂ ਦੀ ਦੱਸੀ ਹੋਈ ਜੀਵਨ-ਜੁਗਤਿ। ਕਿਆ ਕਾਰ—ਹੋਰ ਕੋਈ ਕਾਰ ਨਹੀਂ। ਮੇਟਿ—ਮਿਟਾ ਕੇ। ਸਮਾਇ—ਲੀਨ ਹੋ ਕੇ। ੩।

ਮਨਮੁਖੁ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਰਾਸਿ—ਪੂੰਜੀ। ਸਾਬਾਸਿ—ਸੋਭਾ। ਦਾਸਨਿ ਦਾਸ—ਦਾਸਾਂ ਦਾ ਦਾਸ, ਸੰਤ ਜਨਾਂ ਦਾ ਸੇਵਕ। ੪।

ਅਰਥ :—(ਜਦੋਂ ਤੋਂ) ਸਤਿਗੁਰੂ ਨੇ (ਮੈਨੂੰ) ਸੁਮਤਿ ਸਮਝਾ ਦਿੱਤੀ ਹੈ (ਤਦੋਂ ਤੋਂ) ਮੇਰੀ ਜਿੰਦ ਪ੍ਰਭੂ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦੀ। ਹੇ ਮੇਰੀ ਮਾਂ! ਹੁਣ ਮੈਂ ਪ੍ਰਭੂ ਦੇ ਦਰਸ਼ਨ ਤੋਂ ਬਿਨਾ ਵਿਆਕਲ ਹੋ ਜਾਂਦੀ ਹਾਂ। ੧। ਰਹਾਉ।

ਗੁਰੂ ਦੇ ਬਚਨਾਂ ਉਤੇ ਤੁਰ ਕੇ ਜਿਨ੍ਹਾਂ ਦਾ ਮਨ ਅਡੋਲਤਾ ਦੀ ਸਮਾਧੀ ਲਾ ਲੈਂਦਾ ਹੈ (ਭਾਵ, ਵਿਕਾਰਾਂ ਵਲ ਡੋਲਣੋਂ ਹਟ ਜਾਂਦਾ ਹੈ) ਪਰਮਾਤਮਾ ਦੇ ਪ੍ਰੇਮ ਵਿਚ ਰੰਗਿਆ ਹੋਇਆ ਉਹ ਮਨ (ਪਰਮਾਤਮਾ ਦੀ ਯਾਦ ਵਿਚ ਹੀ) ਪਰਚਿਆ ਰਹਿੰਦਾ ਹੈ। (ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਝੱਲੇ ਹੋਏ ਭਟਕਣਾਂ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ। ਗੁਰੂ ਦੇ ਸ਼ਬਦ ਦੀ ਰਾਹੀਂ ਜਿਨ੍ਹਾਂ ਦੀ ਸਾਂਝ (ਪ੍ਰਭੂ ਨਾਲ) ਬਣ ਜਾਂਦੀ ਹੈ ਉਹ ਪ੍ਰਭੂ (ਦੀ ਯਾਦ) ਤੋਂ ਬਿਨਾ ਰਹਿ ਨਹੀਂ ਸਕਦੇ।੧।

ਗੁਰੂ ਦੀ ਸ਼ਰਨ ਪੈ ਕੇ ਮੈਨੂੰ ਹੁਣ ਸਮਝ ਆਈ ਹੈ ਕਿ ਪਰਮਾਤਮਾ (ਹਰ ਵੇਲੇ) ਮੇਰੇ ਅੰਗ-ਸੰਗ ਹੈ, (ਹੁਣ ਜੇ ਕਦੇ) ਮੈਨੂੰ ਮੇਰਾ ਪ੍ਰਭੂ ਵਿੱਸਰ ਜਾਏ ਤਾਂ ਮੈਂ ਦੁੱਖੀ ਹੋ ਕੇ ਮਰਨ ਵਾਲੀ ਹੋ ਜਾਂਦੀ ਹਾਂ। ਮੈਂ ਇਕ ਇਕ ਸਾਹ ਤੇ ਗਿਰਾਹੀ ਦੇ ਨਾਲ (ਭੀ) ਆਪਣੇ ਪ੍ਰਭੂ ਨੂੰ ਯਾਦ ਕਰਦੀ ਹਾਂ ਤੇ ਉਸੇ ਨੂੰ ਭਾਲਦੀ ਰਹਿੰਦੀ ਹਾਂ। ਦੁਨੀਆਂ ਦੇ ਰਸਾਂ ਵਲੋਂ ਉਦਾਸ ਹੋ ਕੇ ਮੈਂ ਪ੍ਰਭੂ ਦੇ ਨਾਮ ਨੂੰ ਹੀ (ਆਪਣੀ ਨਿਗਾਹ ਵਿਚ) ਰੱਖਦੀ ਹਾਂ। ੨।

ਬੇਅੰਤ ਪ੍ਰਭੂ ਦੀ ਸਿਫ਼ਤਿ ਸਾਲਾਹ ਗੁਰੂ ਦੇ ਅਨੁਸਾਰ ਰਿਹਾਂ ਹੀ ਕੀਤੀ ਜਾ ਸਕਦੀ ਹੈ। ਗੁਰੂ ਉਸ ਪ੍ਰਭੂ ਦਾ ਦੀਦਾਰ ਕਰਾ ਦੇਂਦਾ ਹੈ ਜੋ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ। ਗੁਰੂ ਦੀ ਦੱਸੀ ਹੋਈ ਜੀਵਨ-ਜੁਗਤਿ ਤੋਂ ਬਿਨਾ (ਆਤਮਕ ਜੀਵਨ ਦੇ ਰਸਤੇ ਦੀ) ਕੋਈ ਹੋਰ ਕਾਰ ਕਰਨੀ ਵਿਅਰਥ ਹੈ। ਜੋ ਮਨੁੱਖ ਗੁਰੂ

ਦੇ ਸ਼ਬਦ ਵਿਚ ਜੁੜਦਾ ਹੈ, ਉਹ ਆਪਣੀ ਹਉਮੈ ਦੂਰ ਕਰ ਕੇ (ਜੀਵਨ-ਰਾਹ ਤੇ) ਤੁਰਦਾ ਹੈ।੩।

ਜੋ ਮਨੁੱਖ (ਗੁਰੂ ਦੇ ਦੱਸੇ ਰਾਹ ਉਤੇ ਤੁਰਨ ਦੇ ਥਾਂ) ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਪ੍ਰਭੂ ਤੋਂ ਵਿਛੁੜਿਆ ਰਹਿੰਦਾ ਹੈ, ਉਸ ਦੇ ਪੱਲੇ (ਆਤਮਕ ਜੀਵਨ-ਸਫ਼ਰ ਵਾਸਤੇ) ਖੋਟੀ ਪੂੰਜੀ ਹੈ। ਜੋ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਪ੍ਰਭੂ ਦੇ ਨਾਮ ਵਿਚ ਜੁੜਿਆ ਰਹਿੰਦਾ ਹੈ, ਉਸ ਨੂੰ ਸੋਭਾ ਮਿਲਦੀ ਹੈ।

ਹੇ ਦਾਸ ਨਾਨਕ ! ਪ੍ਰਭੂ ਮੇਹਰ ਕਰ ਕੇ ਜਿਸ ਨੂੰ ਅਪਾਣੇ ਸੇਵਕਾਂ ਦਾ ਦਾਸ ਬਣਾਂਦਾ ਹੈ, ਉਸ ਨੂੰ ਪ੍ਰਭੂ ਦਾ ਨਾਮ-ਧਨ ਮਿਲਦਾ ਹੈ, ਉਸ ਨੂੰ ਹਰਿ-ਨਾਮ ਦੀ ਪੂੰਜੀ ਮਿਲਦੀ ਹੈ।੪।੪।

ਬਿਲਾਵਲੁ ਮਹਲਾ ੩ ਘਰੁ ੧

੧ ੴ ਸਤਿਗੁਰਪ੍ਰਸਾਦਿ ॥ ਧ੍ਰਿਗੁ ਧ੍ਰਿਗੁ ਖਾਇਆ, ਧ੍ਰਿਗੁ ਧ੍ਰਿਗੁ ਸੋਇਆ, ਧ੍ਰਿਗੁ ਧ੍ਰਿਗੁ ਕਾਪੜੁ ਅੰਗਿ ਚੜਾਇਆ ॥ ਧ੍ਰਿਗੁ ਸਰੀਰੁ, ਕੁਟੰਬ ਸਹਿਤ ਸਿਉ, ਜਿਤੁ ਹੁਣਿ ਖਸਮੁ ਨ ਪਾਇਆ ॥ ਪਉੜੀ ਛੁੜਕੀ ਫਿਰਿ ਹਾਥਿ ਨ ਆਵੈ, ਅਹਿਲਾ ਜਨਮੁ ਗਵਾਇਆ ॥ ੧ ॥ ਦੂਜਾ ਭਾਉ ਨ ਦੇਈ ਲਿਵ ਲਾਗਣਿ, ਜਿਨਿ ਹਰਿ ਕੇ ਚਰਣ ਵਿਸਾਰੇ ॥ ਜਗ ਜੀਵਨ ਦਾਤਾ, ਜਨ ਸੇਵਕ ਤੇਰੇ, ਤਿਨ ਕੇ ਤੈ ਦੂਖ ਨਿਵਾਰੇ ॥ ੧ ॥ ਰਹਾਉ ॥ ਤੂ ਦਇਆਲੁ ਦਇਆਪਤਿ ਦਾਤਾ, ਕਿਆ ਏਹਿ ਜੰਤ ਵਿਚਾਰੇ ॥ ਮੁਕਤ ਬੰਧ ਸਭਿ ਤੁਝ ਤੇ ਹੋਏ, ਐਸਾ ਆਖਿ ਵਖਾਣੇ ॥ ਗੁਰਮੁਖਿ ਹੋਵੈ ਸੋ ਮੁਕਤਿ ਕਹੀਐ, ਮਨਮੁਖ ਬੰਧ ਵਿਚਾਰੇ ॥ ੨ ॥ ਸੋ ਜਨੁ ਮੁਕਤੁ ਜਿਸੁ ਏਕ ਲਿਵ ਲਾਗੀ, ਸਦਾ ਰਹੈ ਹਰਿ ਨਾਲੇ ॥ ਤਿਨ ਕੀ ਗਹਣ ਗਤਿ ਕਹੀ ਨ ਜਾਈ, ਸਚੈ ਆਪਿ ਸਵਾਰੇ ॥ ਭਰਮਿ ਭੁਲਾਣੇ ਸਿ ਮਨਮੁਖ ਕਹੀਅਹਿ ਨਾ ਉਰਵਾਰਿ ਨ ਪਾਰੇ ॥ ੩ ॥ ਜਿਸ ਨੋ ਨਦਰਿ ਕਰੇ ਸੋਈ ਜਨੁ ਪਾਏ ਗੁਰ ਕਾ ਸਬਦੁ ਸਮ੍ਹਾਲੇ ॥ ਹਰਿ ਜਨ ਮਾਇਆ ਮਾਹਿ ਨਿਸਤਾਰੇ ॥ ਨਾਨਕ ਭਾਗੁ ਹੋਵੈ ਜਿਸੁ ਮਸਤਕਿ ਕਾਲਹਿ ਮਾਰਿ ਬਿਦਾਰੇ ॥ ੪ ॥ ੧ ॥ [ਪੰਨਾ ੭੯੬]

ਪਦ ਅਰਥ :—ਧ੍ਰਿਗੁ—[ਧਿਕ੍—Fie ! Shame !] ਲਾਹਨਤ, ਫਿਟਕਾਰ। ਕਾਪੜੁ—ਕੱਪੜਾ। ਅੰਗਿ—ਸਰੀਰ ਉਤੇ। ਕੁਟੰਬ—ਪਰਵਾਰ। ਸਹਿਤ—ਸਮੇਤ। ਸਿਉ—ਨਾਲ, ਸਮੇਤ। ਜਿਤੁ—ਜਿਸ (ਸਰੀਰ) ਦੀ ਰਾਹੀਂ। ਹੁਣਿ—ਇਸ ਜਨਮ ਵਿਚ। ਹਾਥਿ—

ਹੱਥ ਵਿਚ। ਅਹਿਲਾ-ਬਹੁਤ ਕੀਮਤੀ। ੧।

ਭਾਉ-ਪਿਆਰ। ਦੂਜਾ ਭਾਉ-ਪ੍ਰਭੂ ਤੋਂ ਬਿਨਾ ਹੋਰ ਦਾ ਪਿਆਰ, ਮਾਇਆ ਦਾ ਮੋਹ। ਨ ਦੇਈ ਲਾਗਣਿ-ਲੱਗਣ ਨਹੀਂ ਦੇਂਦਾ। ਜਿਨਿ-ਜਿਸ (ਦੂਜੇ ਭਾਵ) ਨੇ। ਜਗ ਜੀਵਨ-ਜਗਤ ਦੀ ਜਿੰਦ। ਤੈ-ਤੂੰ [ਲਫ਼ਜ਼ 'ਤੂੰ' ਅਤੇ 'ਤੈ' ਵਿਚ ਫਰਕ ਸਮਝਣ ਲਈ ਵੇਖੋ 'ਗੁਰਬਾਣੀ ਵਿਆਕਰਨ']। ਨਿਵਾਰੇ-ਦੂਰ ਕਰ ਦਿੱਤੇ। ੧। ਰਹਾਉ।

ਦਇਆ ਪਤਿ-ਦਇਆ ਦਾ ਮਾਲਕ। ਏਹਿ-[ਲਫ਼ਜ਼ 'ਏਹ' ਤੋਂ ਬਹੁ ਵਚਨ]। ਮੁਕਤ-ਮਾਇਆ ਦੇ ਮੋਹ ਤੋਂ ਆਜ਼ਾਦ। ਬੰਧ-ਮੋਹ ਵਿਚ ਬੱਝੇ ਹੋਏ। ਸਭਿ-ਸਾਰੇ। ਤੇ-ਤੋਂ। ਤੁਝ ਤੇ-ਤੈਥੋਂ, ਤੇਰੇ ਹੁਕਮ ਨਾਲ। ਆਖਿ-ਆਖ ਕੇ। ਵਖਾਣੇ-ਬਿਆਨ ਕਰਦਾ ਹੈ। ਗੁਰਮੁਖਿ-ਗੁਰੂ ਦੇ ਸਨਮੁਖ ਰਹਿਣ ਵਾਲਾ। ਮਨਮੁਖ-ਆਪਣੇ ਮਨ ਦੇ ਪਿੱਛੇ ਤੁਰਨ ਵਾਲੇ। ੨।

ਜਨੁ-ਮਨੁੱਖ। ਲਿਵ-ਸੁਰਤਿ। ਨਾਲੇ-ਨਾਲ। ਗਹਣ-ਡੂੰਘੀ। ਗਤਿ-ਆਤਮਕ ਅਵਸਥਾ। ਸਚੈ-ਸਦਾ ਕਾਇਮ ਰਹਿਣ ਵਾਲੇ ਨੇ। ਭਰਮਿ-ਭਟਕਣਾ ਵਿਚ। ਭੁਲਾਣੇ-ਭੁੱਲੇ ਹੋਏ ਕੁਰਾਹੇ ਪਏ ਹੋਏ। ਕਹੀਅਹਿ-ਕਹੇ ਜਾਂਦੇ ਹਨ। [ਕਹੀਐ-ਕਿਹਾ ਜਾਂਦਾ ਹੈ]। ਉਰਵਾਰਿ-(ਸੰਸਾਰ-ਸਮੁੰਦਰ ਦੇ) ਉਰਲੇ ਪਾਸੇ। ੩।

ਜਿਸ ਨੋ-[ਲਫ਼ਜ਼ 'ਜਿਸੁ' ਦਾ ਸੰਬੰਧਕ 'ਨੋ' ਦੇ ਕਾਰਨ ੁ ਉੱਡ ਗਿਆ ਹੈ]। ਨਦਰਿ-ਨਿਗਾਹ। ਸਮ੍ਹਾਲੇ-ਹਿਰਦੇ ਵਿਚ ਵਸਾਂਦਾ ਹੈ। ਨਿਸਤਾਰੇ-ਪਾਰ ਲੰਘਾ ਲੈਂਦਾ ਹੈ। ਮਸਤਕਿ-ਮੱਥੇ ਉਤੇ। ਕਾਲਹਿ-ਕਾਲ ਨੂੰ, ਮੌਤ ਨੂੰ, ਮੌਤ ਦੇ ਸਹਮ ਨੂੰ, ਆਤਮਕ ਮੌਤ ਨੂੰ। ਮਾਰਿ-ਮਾਰ ਕੇ। ਬਿਦਾਰੇ-ਨਾਸ ਕਰ ਦੇਂਦਾ ਹੈ। ੪।

ਅਰਥ :-ਹੇ ਭਾਈ ! ਮਾਇਆ ਦਾ ਮੋਹ, ਜਿਸ ਨੇ (ਜੀਵਾਂ ਨੂੰ) ਪਰਮਾਤਮਾ ਦੇ ਚਰਨ (ਮਨ ਵਿਚ ਵਸਾਣੇ) ਭੁਲਾ ਦਿੱਤੇ ਹਨ,(ਪਰਮਾਤਮਾ ਦੇ ਚਰਨਾਂ ਵਿਚ) ਸੁਰਤਿ ਜੋੜਨ ਨਹੀਂ ਦੇਂਦਾ। ਹੇ ਪ੍ਰਭੂ ! ਤੂੰ ਆਪ ਹੀ ਜਗਤ ਨੂੰ ਆਤਮਕ ਜੀਵਨ ਦੇਣ ਵਾਲਾ ਹੈਂ। ਜੇਹੜੇ ਬੰਦੇ ਤੇਰੇ ਸੇਵਕ ਬਣਦੇ ਹਨ, ਉਹਨਾਂ ਦੇ ਤੂੰ (ਮੋਹ ਤੋਂ ਪੈਦਾ ਹੋਣ ਵਾਲੇ ਸਾਰੇ) ਦੁੱਖ ਦੂਰ ਕਰ ਦਿੱਤੇ ਹਨ। ਰਹਾਉ।

ਹੇ ਭਾਈ !ਜੇ ਇਸ ਸਰੀਰ ਦੀ ਰਾਹੀਂ ਇਸ ਜਨਮ ਵਿਚ ਖਸਮ-ਪ੍ਰਭੂ ਦਾ ਮਿਲਾਪ ਹਾਸਲ ਨਹੀਂ ਕੀਤਾ, ਤਾਂ ਇਹ ਸਰੀਰ ਫਿਟਕਾਰ-ਜੋਗ ਹੈ, (ਨੱਕ ਕੰਨ ਅੱਖਾਂ ਆਦਿਕ ਸਾਰੇ) ਪਰਵਾਰ ਸਮੇਤ ਫਿਟਕਾਰ-ਜੋਗ ਹੈ, । (ਮਨੁੱਖ ਦਾ ਸਭ ਕੁਝ) ਖਾਣਾ ਫਿਟਕਾਰ-ਜੋਗ ਹੈ, ਸੌਣਾ (ਸੁਖ-ਆਰਾਮ) ਫਿਟਕਾਰ-ਜੋਗ ਹੈ, ਸਰੀਰ ਉਤੇ ਕੱਪੜਾ ਪਹਿਨਣਾ ਫਿਟਕਾਰ-ਜੋਗ ਹੈ। (ਹੇ ਭਾਈ ! ਇਹ ਮਨੁੱਖਾ ਸਰੀਰ ਪ੍ਰਭੂ ਦੇ ਦੇਸ ਵਿਚ ਪਹੁੰਚਣ ਲਈ ਪੌੜੀ ਹੈ) ਜੇ ਇਹ ਪੌੜੀ (ਹੱਥੋਂ) ਨਿਕਲ ਜਾਏ ਤਾਂ ਮੁੜ ਹੱਥ ਵਿਚ ਨਹੀਂ ਆਉਂਦੀ।

ਮਨੁੱਖ ਆਪਣਾ ਬੜਾ ਕੀਮਤੀ ਜੀਵਨ ਗਵਾ ਲੈਂਦਾ ਹੈ । ੧ ।

ਹੇ ਪ੍ਰਭੂ ! ਤੂੰ (ਆਪ ਹੀ) ਦਇਆ ਦਾ ਘਰ ਹੈਂ, ਦਇਆ ਦਾ ਮਾਲਕ ਹੈਂ, ਤੂੰ ਆਪ ਹੀ (ਆਪਣੇ ਚਰਨਾਂ ਦੀ ਪ੍ਰੀਤ) ਦੇਣ ਵਾਲਾ ਹੈਂ (ਤੇਰੇ ਪੈਦਾ ਕੀਤੇ) ਇਹਨਾਂ ਜੀਵਾਂ ਦੇ ਵੱਸ ਵਿਚ ਕੁਝ ਨਹੀਂ । ਤੇਰੇ ਹੀ ਹੁਕਮ ਵਿਚ ਕਈ ਜੀਵ ਮਾਇਆ ਦੇ ਮੋਹ ਤੋਂ ਆਜ਼ਾਦ ਹੋ ਜਾਂਦੇ ਹਨ, ਕਈ ਜੀਵ ਮੋਹ ਵਿਚ ਬੱਝੇ ਰਹਿੰਦੇ ਹਨ–ਕੋਈ ਵਿਰਲਾ ਗੁਰਮੁਖਿ ਇਹ ਗੱਲ ਆਖ ਕੇ ਸਮਝਾਂਦਾ ਹੈ । ਜੇਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ ਉਹ ਮਾਇਆ ਦੇ ਮੋਹ ਤੋਂ ਆਜ਼ਾਦ ਕਿਹਾ ਜਾਂਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਵਿਚਾਰੇ ਮੋਹ ਵਿਚ ਬੱਝੇ ਰਹਿੰਦੇ ਹਨ । ੨ ।

ਜਿਸ ਮਨੁੱਖ ਦੀ ਸੁਰਤਿ ਇਕ ਪ੍ਰਭੂ ਵਿਚ ਜੁੜੀ ਰਹਿੰਦੀ ਹੈ ਉਹ ਮਨੁੱਖ ਮੋਹ ਤੋਂ ਆਜ਼ਾਦ ਹੋ ਜਾਂਦਾ ਹੈ, ਉਹ ਸਦਾ ਪ੍ਰਭੂ-ਚਰਨਾਂ ਵਿਚ ਜੁੜਿਆ ਰਹਿੰਦਾ ਹੈ । ਇਹੋ ਜਿਹੇ ਬੰਦਿਆਂ ਦੀ ਡੂੰਘੀ ਆਤਮਕ ਅਵਸਥਾ ਬਿਆਨ ਨਹੀਂ ਕੀਤੀ ਜਾ ਸਕਦੀ । ਥਿਰ ਰਹਿਣ ਵਾਲੇ ਪ੍ਰਭੂ ਨੇ ਆਪ ਹੀ ਉਹਨਾਂ ਦਾ ਜੀਵਨ ਸੋਹਣਾ ਬਣਾ ਦਿੱਤਾ ਹੁੰਦਾ ਹੈ । ਪਰ ਜੇਹੜੇ ਬੰਦੇ ਮਾਇਆ ਦੀ ਭਟਕਣਾ ਵਿਚ ਪੈ ਕੇ ਜੀਵਨ-ਰਾਹ ਤੋਂ ਖੁੰਝੇ ਰਹਿੰਦੇ ਹਨ, ਉਹ ਬੰਦੇ ਮਨਮੁਖ ਕਹੇ ਜਾਂਦੇ ਹਨ (ਉਹ ਮਾਇਆ ਦੇ ਮੋਹ ਦੇ ਸਮੁੰਦਰ ਵਿਚ ਡੁੱਬੇ ਰਹਿੰਦੇ ਹਨ) ਉਹ ਨਾਂਹ ਉਰਲੇ ਪਾਸੇ ਜੋਗੇ ਅਤੇ ਨਾਂਹ ਪਾਰ ਲੰਘਣ ਜੋਗੇ । ੩ ।

(ਪਰ ਜੀਵ ਦੇ ਕੀਹ ਵੱਸ ?) ਜਿਸ ਮਨੁੱਖ ਉਤੇ ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ ਉਹੀ ਮਨੁੱਖ (ਗੁਰੂ ਦਾ ਸ਼ਬਦ) ਪ੍ਰਾਪਤ ਕਰਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਹਿਰਦੇ ਵਿਚ ਸਾਂਭ ਕੇ ਰੱਖਦਾ ਹੈ । (ਇਸ ਤਰ੍ਹਾਂ) ਪ੍ਰਭੂ ਆਪਣੇ ਸੇਵਕਾਂ ਨੂੰ ਮਾਇਆ ਵਿਚ (ਰੱਖ ਕੇ ਭੀ, ਮੋਹ ਦੇ ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ । ਹੇ ਨਾਨਕ ! ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗ ਪੈਂਦਾ ਹੈ, ਉਹ (ਆਪਣੇ ਅੰਦਰੋਂ) ਆਤਮਕ ਮੌਤ ਨੂੰ ਮਾਰ ਕੇ ਮੁਕਾ ਦੇਂਦਾ ਹੈ । ੪ । ੧ ।

ਨੋਟ ! ਮ: ੩ ਦੇ ਇਸ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ । ਵੇਖੋ ਅਖ਼ੀਰਲਾ ਅੰਕ ੧ ।

ਬਿਲਾਵਲੁ ਮਹਲਾ ੩ ।। ਅਤੁਲੁ ਕਿਉ ਤੋਲਿਆ ਜਾਇ ।। ਦੂਜਾ ਹੋਇ ਤ ਸੋਝੀ ਪਾਇ ॥ ਤਿਸ ਤੇ ਦੂਜਾ ਨਾਹੀ ਕੋਇ ।। ਤਿਸ ਦੀ ਕੀਮਤਿ ਕਿਕੂ ਹੋਇ ॥੧॥ ਗੁਰ ਪਰਸਾਦਿ ਵਸੈ ਮਨਿ ਆਇ ॥ ਤਾ ਕੋ ਜਾਣੈ ਦੁਬਿਧਾ ਜਾਇ ॥ ੧ ॥ ਰਹਾਉ ॥ ਆਪਿ ਸਰਾਫੁ ਕਸਵਟੀ ਲਾਏ ।। ਆਪੇ ਪਰਖੇ ਆਪਿ ਚਲਾਏ ।। ਆਪੇ ਤੋਲੇ ਪੂਰਾ ਹੋਇ ।। ਆਪੇ ਜਾਣੈ ਏਕੋ ਸੋਇ ॥੨॥

ਮਾਇਆ ਕਾ ਰੂਪੁ ਸਭੁ ਤਿਸ ਤੇ ਹੋਇ ॥ ਜਿਸ ਨੋ ਮੇਲੇ ਸੁ ਨਿਰਮਲੁ ਹੋਇ ॥ ਜਿਸ ਨੋ ਲਾਏ ਲਗੈ ਤਿਸੁ ਆਇ ॥ ਸਭੁ ਸਚੁ ਦਿਖਾਲੇ ਤਾ ਸਚਿ ਸਮਾਇ॥ ੩ ।। ਆਪੇ ਲਿਵ ਧਾਤੁ ਹੈ ਆਪੇ ।। ਆਪਿ ਬੁਝਾਏ ਆਪੇ ਜਾਪੇ ।। ਆਪੇ ਸਤਿਗੁਰੁ ਸਬਦੁ ਹੈ ਆਪੇ ॥ਨਾਨਕ ਆਖਿ ਸੁਣਾਏ ਆਪੇ॥੪।।੨।।[੭੯੭]

ਨੋਟ ! ਵੇਖੋ ਬਿਲਾਵਲੁ ਮ: ੧, ਸ਼ਬਦ ਨੰ: ੩ ।

ਪਦ ਅਰਥ :–ਅਤੁਲੁ–ਜਿਸ ਦੇ ਬਰਾਬਰ ਦਾ ਹੋਰ ਕੋਈ ਨਹੀਂ, ਅ-ਤੁਲੁ । ਕਿਉ ਤੋਲਿਆ ਜਾਇ–ਨਹੀਂ ਤੋਲਿਆ ਜਾ ਸਕਦਾ, ਉਸ ਦੇ ਬਰਾਬਰ ਦੀ ਕੋਈ ਹਸਤੀ ਦੱਸੀ ਨਹੀਂ ਜਾ ਸਕਦੀ । ਦੂਜਾ–ਪ੍ਰਭੂ ਦੇ ਬਰਾਬਰ ਦਾ ਕੋਈ ਹੋਰ । ਸੋਝੀ–(ਪਰਮਾਤਮਾ ਦੀ ਹਸਤੀ ਦੇ ਮਾਪ ਦੀ) ਸਮਝ । ਤਿਸ ਤੇ–[ਲਫ਼ਜ਼ 'ਤਿਸੁ' ਦਾ ੍ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ] ਉਸ ਪ੍ਰਭੂ ਤੋਂ (ਵੱਖਰਾ) । ਤਿਸ ਦੀ–[ਵੇਖੋ 'ਤਿਸ ਤੇ'] । ਕਿਕੁ–ਕਿਵੇਂ ? ੧ ।

ਪਰਸਾਦਿ–ਕਿਰਪਾ ਨਾਲ । ਮਨਿ–ਮਨ ਵਿਚ । ਤਾ–ਤਦੋਂ । ਕੋ–ਕੋਈ ਮਨੁੱਖ । ਜਾਣੈ–ਜਾਣ-ਪਛਾਣ ਬਣਾਂਦਾ ਹੈ । ਦੁਬਿਧਾ–ਮੇਰ-ਤੇਰ । ਜਾਇ–ਦੂਰ ਹੋ ਜਾਂਦੀ ਹੈ । ੧ । ਰਹਾਉ ।

ਸਰਾਫੁ–ਪਰਖਣ ਵਾਲਾ । ਕਸਵਟੀ–ਉਹ ਵੱਟੀ ਜਿਸ ਉਤੇ ਸੋਨੇ ਨੂੰ ਕੱਸ ਲਾ ਕੇ (ਰਗੜ ਕੇ)ਵੇਖਿਆ ਜਾਂਦਾ ਹੈ ਕਿ ਇਹ ਖਰਾ ਹੈ ਜਾਂ ਨਹੀਂ । ਆਪੇ–ਆਪ ਹੀ । ਚਲਾਇ –ਪਰਚਲਤ ਕਰਦਾ ਹੈ, (ਸਿੱਕੇ ਨੂੰ) ਚਲਾਂਦਾ ਹੈ । ਏਕੋ ਸੋਇ–ਸਿਰਫ਼ ਉਹ(ਪਰਮਾਤਮਾ) ਹੀ । ੨ ।

ਤਿਸ ਤੇ–ਉਸ (ਪਰਮਾਤਮਾ) ਤੋਂ ਹੀ । ਜਿਸ ਨੋ–[ਵੇਖੋ 'ਤਿਸ ਤੇ','ਤਿਸ ਦੀ']। ਨਿਰਮਲ–ਪਵਿੱਤ੍ਰ । ਲਾਏ–(ਮਾਇਆ) ਚੰਬੋੜਦਾ ਹੈ । ਆਇ–ਆ ਕੇ । ਲਗੈ–ਚੰਬੜ ਜਾਂਦੀ ਹੈ । ਸਭੁ–ਹਰ ਥਾਂ । ਸਚੁ–ਸਦਾ-ਥਿਰ ਪ੍ਰਭੂ । ਸਚਿ–ਸਦਾ-ਥਿਰ ਪ੍ਰਭੂ ਵਿਚ ।੩।

ਧਾਤੁ–ਮਾਇਆ । ਬੁਝਾਏ–ਸਮਝ ਬਖ਼ਸ਼ਦਾ ਹੈ । ਜਾਪੇ–ਜਪਦਾ ਹੈ । ਆਖਿ–ਉਚਾਰ ਕੇ । ੪ ।

ਅਰਥ :–(ਜਦੋਂ) ਗੁਰੂ ਦੀ ਕਿਰਪਾ ਨਾਲ (ਕਿਸੇ ਵਡਭਾਗੀ ਮਨੁੱਖ ਦੇ) ਮਨ ਵਿਚ (ਪਰਮਾਤਮਾ) ਆ ਵੱਸਦਾ ਹੈ, ਤਦੋਂ ਉਹ ਮਨੁੱਖ (ਪਰਮਾਤਮਾ ਨਾਲ) ਡੂੰਘੀ ਸਾਂਝ ਪਾ ਲੈਂਦਾ ਹੈ, ਤੇ, (ਉਸ ਦੇ ਅੰਦਰੋਂ) ਭਟਕਣਾ ਦੂਰ ਹੋ ਜਾਂਦੀ ਹੈ । ੧ ।ਰਹਾਉ ।

(ਜਿਸ ਮਨੁੱਖ ਦੇ ਅੰਦਰੋਂ ਭਟਕਣਾ ਮੇਰ-ਤੇਰ ਦੂਰ ਹੋ ਜਾਂਦੀ ਹੈ ਉਸ ਨੂੰ ਯਕੀਨ ਆ ਜਾਂਦਾ ਹੈ ਕਿ) ਪਰਮਾਤਮਾ ਦੀ ਹਸਤੀ ਨੂੰ ਮਿਣਿਆ ਨਹੀਂ ਜਾ ਸਕਦਾ, ਉਸ ਦੇ

ਬਰਾਬਰ ਦਾ ਕੋਈ ਦੱਸਿਆ ਨਹੀਂ ਜਾ ਸਕਦਾ। (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਤੋਂ ਵੱਖਰਾ ਹੋਰ ਕੋਈ ਨਹੀਂ ਹੈ, (ਇਸ ਵਾਸਤੇ) ਪਰਮਾਤਮਾ ਦੇ ਬਰਾਬਰ ਦੀ ਹੋਰ ਕੋਈ ਹਸਤੀ ਦੱਸੀ ਨਹੀਂ ਜਾ ਸਕਦੀ। ੧।

(ਜਿਸ ਦੇ ਅੰਦਰ ਪ੍ਰਭੂ ਪਰਗਟ ਹੋ ਜਾਂਦਾ ਹੈ, ਉਸ ਨੂੰ ਯਕੀਨ ਆ ਜਾਂਦਾ ਹੈ ਕਿ) ਪਰਮਾਤਮਾ ਆਪ ਹੀ (ਉੱਚੇ ਜੀਵਨ-ਮਿਆਰ ਦੀ) ਕਸਵੱਟੀ ਵਰਤ ਕੇ (ਜੀਵਾਂ ਦੇ ਜੀਵਨ) ਪਰਖਣ ਵਾਲਾ ਹੈ। ਪ੍ਰਭੂ ਆਪ ਹੀ ਪਰਖ ਕਰਦਾ ਹੈ, ਤੇ (ਪਰਵਾਨ ਕਰ ਕੇ ਉਸ ਉੱਚੇ ਜੀਵਨ ਨੂੰ) ਜੀਵਾਂ ਦੇ ਸਾਹਮਣੇ ਲਿਆਉਂਦਾ ਹੈ (ਜਿਵੇਂ ਖਰਾ ਸਿੱਕਾ ਲੋਕਾਂ ਵਿਚ ਪਰਚਲਤ ਕੀਤਾ ਜਾਂਦਾ ਹੈ)। ਪ੍ਰਭੂ ਆਪ ਹੀ (ਜੀਵਾਂ ਦੇ ਜੀਵਨ ਨੂੰ) ਜਾਂਚਦਾ-ਪਰਖਦਾ ਹੈ, (ਉਸ ਦੀ ਮੇਹਰ ਨਾਲ ਹੀ ਕੋਈ ਜੀਵਨ ਉਸ ਪਰਖ ਵਿਚ) ਪੂਰਾ ਉਤਰਦਾ ਹੈ। ਸਿਰਫ਼ ਉਹ ਪਰਮਾਤਮਾ ਆਪ ਹੀ (ਇਸ ਖੇਡ ਨੂੰ)ਜਾਣਦਾ ਹੈ। ੨।

ਮਾਇਆ ਦੀ ਸਾਰੀ ਹੋਂਦ ਉਸ ਪਰਮਾਤਮਾ ਤੋਂ ਹੀ ਬਣੀ ਹੈ। ਜਿਸ ਮਨੁੱਖ ਨੂੰ ਪ੍ਰਭੂ (ਆਪਣੇ ਨਾਲ) ਮਿਲਾਂਦਾ ਹੈ, ਉਹ (ਇਸ ਮਾਇਆ ਤੋਂ ਨਿਰਲੇਪ ਰਹਿ ਕੇ) ਪਵਿੱਤ੍ਰ ਜੀਵਨ ਵਾਲਾ ਬਣ ਜਾਂਦਾ ਹੈ। ਜਿਸ ਮਨੁੱਖ ਨੂੰ (ਪ੍ਰਭੂ ਆਪ ਆਪਣੀ ਮਾਇਆ) ਚੰਬੋੜ ਦੇਂਦਾ ਹੈ, ਉਸ ਨੂੰ ਇਹ ਆ ਚੰਬੜਦੀ ਹੈ। (ਜਦੋਂ ਕਿਸੇ ਮਨੁੱਖ ਨੂੰ ਗੁਰੂ ਦੀ ਰਾਹੀਂ) ਹਰ ਥਾਂ ਆਪਣਾ ਸਦਾ ਕਾਇਮ ਰਹਿਣ ਵਾਲਾ ਸਰੂਪ ਵਿਖਾਂਦਾ ਹੈ, ਤਦੋਂ ਉਹ ਮਨੁੱਖ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ। ੩।

(ਹੇ ਭਾਈ ! ਪ੍ਰਭੂ) ਆਪ ਹੀ (ਆਪਣੇ ਚਰਨਾਂ ਵਿਚ)ਮਗਨਤਾ(ਦੇਣ ਵਾਲਾ ਹੈ), ਆਪ ਹੀ ਮਾਇਆ (ਚੰਬੋੜਨ ਵਾਲਾ) ਹੈ। ਪ੍ਰਭੂ ਆਪ ਹੀ (ਸਹੀ ਜੀਵਨ ਦੀ) ਸੂਝ ਬਖ਼ਸ਼ਦਾ ਹੈ, ਆਪ ਹੀ (ਜੀਵਾਂ ਵਿਚ ਵਿਆਪਕ ਹੋ ਕੇ ਆਪਣਾ ਨਾਮ) ਜਪਦਾ ਹੈ। ਪ੍ਰਭੂ ਆਪ ਹੀ ਗੁਰੂ ਹੈ, ਆਪ ਹੀ (ਗੁਰੂ ਦਾ) ਸ਼ਬਦ ਹੈ। ਹੇ ਨਾਨਕ ! ਪ੍ਰਭੂ ਆਪ ਹੀ (ਗੁਰੂ ਦਾ ਸ਼ਬਦ) ਉਚਾਰ ਕੇ (ਹੋਰਨਾਂ ਨੂੰ) ਸੁਣਾਂਦਾ ਹੈ (ਇਹ ਹੈ ਸਰਧਾ ਉਸ ਵਡ-ਭਾਗੀ ਦੀ ਜਿਸ ਦੇ ਮਨ ਵਿਚ ਉਹ ਪ੍ਰਭੂ ਗੁਰੂ ਦੀ ਕਿਰਪਾ ਨਾਲ ਆ ਵੱਸਦਾ ਹੈ) ।੪।੨।

ਬਿਲਾਵਲੁ ਮਹਲਾ ੩ ॥ ਸਾਹਿਬ ਤੇ ਸੇਵਕੁ ਸੇਵ ਸਾਹਿਬ ਤੇ ਕਿਆ ਕੋ ਕਹੈ ਬਹਾਨਾ ॥ ਐਸਾ ਇਕੁ ਤੇਰਾ ਖੇਲੁ ਬਨਿਆ ਹੈ ਸਭ ਮਹਿ ਏਕੁ ਸਮਾਨਾ ॥ ੧ ॥ ਸਤਿਗੁਰਿ ਪਰਚੈ ਹਰਿਨਾਮਿ ਸਮਾਨਾ ॥ ਜਿਸੁ ਕਰਮੁ ਹੋਵੈ ਸੋ ਸਤਿਗੁਰੁ ਪਾਏ ਅਨਦਿਨੁ ਲਾਗੈ ਸਹਜ ਧਿਆਨਾ ॥ ੧ ॥ ਰਹਾਉ ॥ ਕਿਆ ਕੋਈ ਤੇਰੀ ਸੇਵਾ ਕਰੇ ਕਿਆ ਕੋ ਕਰੇ ਅਭਿਮਾਨਾ ॥ ਜਬ ਅਪੁਨੀ

ਜੋਤਿ ਖਿੰਚਹਿ ਤੂ ਸੁਆਮੀ ਤਬ ਕੋਈ ਕਰਉ ਦਿਖਾ ਵਖਿਆਨਾ ॥ ੨ ॥ ਆਪੇ ਗੁਰੁ ਚੇਲਾ ਹੈ ਆਪੇ ਆਪੇ ਗੁਣੀ ਨਿਧਾਨਾ ॥ ਜਿਉ ਆਪਿ ਚਲਾਏ ਤਿਵੈ ਕੋਈ ਚਾਲੈ ਜਿਉ ਹਰਿ ਭਾਵੈ ਭਗਵਾਨਾ ॥ ੩ ॥ ਕਹਤ ਨਾਨਕੁ ਤੂ ਸਾਚਾ ਸਾਹਿਬੁ ਕਉਣੁ ਜਾਣੈ ਤੇਰੇ ਕਾਮਾਂ ॥ ਇਕਨਾ ਘਰ ਮਹਿ ਦੇ ਵਡਿਆਈ ਇਕਿ ਭਰਮਿ ਭਵਹਿ ਅਭਿਮਾਨਾ ॥੪॥੩॥ [ਪੰਨਾ ੭੯੭]

ਪਦ ਅਰਥ :—ਤੇ—ਤੋਂ, ਦੀ ਰਾਹੀਂ । ਸਾਹਿਬ ਤੇ—ਮਾਲਕ-ਪ੍ਰਭੂ ਤੋਂ, ਮਾਲਕ-ਪ੍ਰਭੂ ਦੀ ਕਿਰਪਾ ਨਾਲ । ਸੇਵ—(ਮਾਲਕ-ਪ੍ਰਭੂ ਦੀ) ਸੇਵਾ-ਭਗਤੀ । ਬਹਾਨਾ—ਗ਼ਲਤ ਦਲੀਲ । **ਐਸਾ**—ਇਹੋ ਜਿਹਾ, ਅਚਰਜ । ਖੇਲੁ—ਜਗਤ-ਤਮਾਸ਼ਾ । ਸਮਾਨਾ—ਵਿਆਪਕ । ੧ ।

ਸਤਿਗੁਰਿ—ਗੁਰੂ ਦੀ ਰਾਹੀਂ, ਗੁਰੂ ਦੀ ਕਿਰਪਾ ਨਾਲ । ਪਰਚੈ—ਗਿੱਝ ਜਾਂਦਾ ਹੈ। ਨਾਮਿ—ਨਾਮ ਵਿਚ । ਕਰਮੁ—ਬਖ਼ਸ਼ਸ਼ । ਸੋ—ਉਹ ਮਨੁੱਖ । ਪਾਇ—ਹਾਸਲ ਕਰ ਲੈਂਦਾ ਹੈ । **ਅਨਦਿਨੁ**—ਹਰ ਰੋਜ਼ [अनुदिनं]। ਸਹਜ—ਆਤਮਕ ਅਡੋਲਤਾ । ਸਹਜ ਧਿਆਨਾ—ਆਤਮਕ ਅਡੋਲਤਾ ਪੈਦਾ ਕਰਨ ਵਾਲੀ ਮਗਨਤਾ । ੧ । ਰਹਾਉ ।

ਅਭਿਮਾਨਾ—ਮਾਣ । ਖਿੰਚਹਿ—ਖਿੱਚ ਲੈਂਦਾ ਹੈਂ । ਸੁਆਮੀ—ਹੇ ਮਾਲਕ ! ਕਰਉ—[ਹੁਕਮੀ ਭਵਿੱਖਤ, ਅੱਨ ਪੁਰਖ, ਇਕ ਵਚਨ] ਬੇਸ਼ੱਕ ਕਰੇ । ਦਿਖਾ—ਦਿਖਾਂ, ਮੈਂ ਵੇਖਾਂ । ੨ ।

ਚੇਲਾ—ਸਿੱਖ । ਆਪੇ—ਆਪ ਹੀ । ਗੁਣੀ ਨਿਧਾਨਾ—ਗੁਣਾਂ ਦਾ ਖ਼ਜ਼ਾਨਾ । ਚਲਾਏ—(ਜੀਵਨ-ਰਾਹ ਉਤੇ) ਤੋਰਦਾ ਹੈ । ਭਾਵੈ—ਚੰਗਾ ਲੱਗਦਾ ਹੈ । ੩ ।

ਸਾਚਾ—ਸਦਾ ਕਾਇਮ ਰਹਿਣ ਵਾਲਾ । ਕਉਣੁ ਜਾਣੈ—ਕੋਈ ਨਹੀਂ ਜਾਣ ਸਕਦਾ । ਘਰ ਮਹਿ—ਹਿਰਦੇ-ਘਰ ਵਿਚ (ਟਿਕਾ ਕੇ) ਆਪਣੇ ਚਰਨਾਂ ਵਿਚ (ਜੋੜ ਕੇ)। ਦੇ—ਦੇਂਦਾ ਹੈ । ਇਕਿ—[ਲਫ਼ਜ਼ 'ਇਕ' ਤੋਂ ਬਹੁ ਵਚਨ] ਕਈ ਜੀਵ । ਭਰਮਿ—ਭਟਕਣਾ ਵਿਚ (ਪੈ ਕੇ) । ਭਵਹਿ—ਫਿਰਦੇ ਹਨ । ੪ ।

ਅਰਥ :—ਹੇ ਭਾਈ ! ਜੇਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ ਜਪਣ ਵਿਚ) ਗਿੱਝ ਜਾਂਦਾ ਹੈ, ਉਹ ਪਰਮਾਤਮਾ ਦੇ ਨਾਮ ਵਿਚ (ਸਦਾ) ਲੀਨ ਰਹਿੰਦਾ ਹੈ । (ਪਰ) ਗੁਰੂ (ਭੀ) ਉਸੇ ਨੂੰ ਮਿਲਦਾ ਹੈ ਜਿਸ ਉਤੇ ਪ੍ਰਭੂ ਦੀ ਕਿਰਪਾ ਹੁੰਦੀ ਹੈ, ਫਿਰ ਹਰ ਵੇਲੇ ਉਸ ਦੀ ਸੁਰਤਿ ਆਤਮਕ ਅਡੋਲਤਾ ਪੈਦਾ ਕਰਨ ਵਾਲੀ ਅਵਸਥਾ ਵਿਚ ਜੁੜੀ ਰਹਿੰਦੀ ਹੈ । ੧ । ਰਹਾਉ ।

(ਹੇ ਭਾਈ !) ਮਾਲਕ-ਪ੍ਰਭੂ ਦੀ ਮੇਹਰ ਨਾਲ ਹੀ (ਕੋਈ ਮਨੁੱਖ ਉਸ ਦਾ) ਭਗਤ

ਬਣਦਾ ਹੈ, ਮਾਲਕ-ਪ੍ਰਭੂ ਦੀ ਕਿਰਪਾ ਨਾਲ ਹੀ (ਮਨੁੱਖ ਨੂੰ ਉਸ ਦੀ) ਸੇਵਾ-ਭਗਤੀ ਪ੍ਰਾਪਤ ਹੁੰਦੀ ਹੈ। (ਇਹ ਸੇਵਾ-ਭਗਤੀ ਕਿਸੇ ਨੂੰ ਭੀ ਉਸ ਦੇ ਆਪਣੇ ਉੱਦਮ ਨਾਲ ਨਹੀਂ ਮਿਲਦੀ) ਕੋਈ ਭੀ ਮਨੁੱਖ ਅਜੇਹੀ ਗ਼ਲਤ ਦਲੀਲ ਨਹੀਂ ਦੇ ਸਕਦਾ।

ਹੇ ਪ੍ਰਭੂ ! ਇਹ ਤੇਰਾ ਇਕ ਅਚਰਜ ਤਮਾਸ਼ਾ ਬਣਿਆ ਹੋਇਆ ਹੈ (ਕਿ ਤੇਰੀ ਭਗਤੀ ਤੇਰੀ ਮੇਹਰ ਨਾਲ ਹੀ ਮਿਲਦੀ ਹੈ, ਉਂਵ) ਤੂੰ ਸਭ ਜੀਵਾਂ ਵਿਚ ਆਪ ਹੀ ਸਮਾ-ਇਆ ਹੋਇਆ ਹੈਂ। ੧।

ਹੇ ਪ੍ਰਭੂ ! (ਆਪਣੇ ਉੱਦਮ ਨਾਲ) ਕੋਈ ਭੀ ਮਨੁੱਖ ਤੇਰੀ ਸੇਵਾ-ਭਗਤੀ ਨਹੀਂ ਕਰ ਸਕਦਾ, ਕੋਈ ਮਨੁੱਖ ਅਜੇਹਾ ਕੋਈ ਮਾਣ ਨਹੀਂ ਕਰ ਸਕਦਾ। ਹੇ ਮਾਲਕ-ਪ੍ਰਭੂ ! ਜਦੋਂ ਤੂੰ ਕਿਸੇ ਜੀਵ ਵਿਚੋਂ (ਸੇਵਾ-ਭਗਤੀ ਵਾਸਤੇ ਦਿੱਤਾ ਹੋਇਆ) ਗਿਆਨ ਖਿੱਚ ਲੈਂਦਾ ਹੈਂ, ਤਦੋਂ ਫਿਰ ਕੋਈ ਭੀ ਸੇਵਾ-ਭਗਤੀ ਦੀਆਂ ਗੱਲਾਂ ਨਹੀਂ ਕਰ ਸਕਦਾ। ੨।

ਹੇ ਭਾਈ ! ਪਰਮਾਤਮਾ ਆਪ ਹੀ ਗੁਰੂ ਹੈ, ਆਪ ਹੀ ਸਿੱਖ ਹੈ, ਆਪ ਹੀ ਗੁਣਾਂ ਦਾ ਖ਼ਜ਼ਾਨਾ ਹੈ (ਜੇਹੜੇ ਗੁਣ ਉਹ ਗੁਰੂ ਦੀ ਰਾਹੀਂ ਸਿੱਖ ਨੂੰ ਦੇਂਦਾ ਹੈ)। ਜਿਵੇਂ ਉਸ ਹਰੀ ਭਗਵਾਨ ਨੂੰ ਚੰਗਾ ਲੱਗਦਾ ਹੈ, ਜਿਵੇਂ ਉਹ ਜੀਵ ਨੂੰ ਜੀਵਨ-ਰਾਹ ਉਤੇ ਤੋਰਦਾ ਹੈ ਤਿਵੇਂ ਹੀ ਜੀਵ ਤੁਰਦਾ ਹੈ। ੩।

ਨਾਨਕ ਆਖਦਾ ਹੈ—ਹੇ ਪ੍ਰਭੂ ! ਤੂੰ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ, ਤੇਰੇ ਕੰਮਾਂ (ਦੇ ਭੇਤ) ਨੂੰ ਕੋਈ ਨਹੀਂ ਜਾਣ ਸਕਦਾ। ਕਈ ਜੀਵਾਂ ਨੂੰ ਤੂੰ ਆਪਣੇ ਚਰਨਾਂ ਵਿਚ ਟਿਕਾ ਕੇ ਇੱਜ਼ਤ ਬਖ਼ਸ਼ਦਾ ਹੈਂ। ਕਈ ਜੀਵ ਕੁਰਾਹੇ ਪੈ ਕੇ ਅਹੰਕਾਰ ਵਿਚ ਭਟਕਦੇ ਫਿਰਦੇ ਹਨ। ੪। ੩।

ਬਿਲਾਵਲੁ ਮਹਲਾ ੩ ॥ ਪੂਰਾ ਥਾਟੁ ਬਣਾਇਆ ਪੂਰੈ, ਵੇਖਹੁ, ਏਕ ਸਮਾਨਾ ॥ ਇਸੁ ਪਰਪੰਚ ਮਹਿ ਸਾਚੇ ਨਾਮ ਕੀ ਵਡਿਆਈ ਮਤੁ ਕੋ ਧਰਹੁ ਗੁਮਾਨਾ ॥ ੧ ॥ ਸਤਿਗੁਰ ਕੀ ਜਿਸ ਨੋ ਮਤਿ ਆਵੈ ਸੋ ਸਤਿਗੁਰ ਮਾਹਿ ਸਮਾਨਾ॥ ਇਹ ਬਾਣੀ ਜੋ ਜੀਅਹੁ ਜਾਣੈ ਤਿਸੁ ਅੰਤਰਿ ਰਵੈ ਹਰਿਨਾਮਾ॥੧॥ ਰਹਾਉ ॥ ਚਹੁ ਜੁਗਾ ਕਾ ਹੁਣਿ ਨਿਬੇੜਾ ਨਰ ਮਨੁਖਾ ਨੋ ਏਕੁ ਨਿਧਾਨਾ ॥ ਜਤੁ ਸੰਜਮ ਤੀਰਥ ਓਨਾ ਜੁਗਾ ਕਾ ਧਰਮੁ ਹੈ ਕਲਿ ਮਹਿ ਕੀਰਤਿ ਹਰਿ-ਨਾਮਾ ॥ ੨ ॥ ਜੁਗਿ ਜੁਗਿ ਆਪੋ ਆਪਣਾ ਧਰਮੁ ਹੈ ਸੋਧਿ ਦੇਖਹੁ ਬੇਦ ਪੁਰਾਨਾ ॥ ਗੁਰਮੁਖਿ ਜਿਨੀ ਧਿਆਇਆ ਹਰਿ ਹਰਿ, ਜਗਿ ਤੇ ਪੂਰੇ ਪਰ-ਵਾਨਾ ॥੩॥ ਕਹਤ ਨਾਨਕੁ ਸਚੇ ਸਿਉ ਪ੍ਰੀਤਿ ਲਾਏ ਚੂਕੈ ਮਨਿ ਅਭਿਮਾਨਾ॥ ਕਹਤੁ ਸੁਨਤ ਸਭੇ ਸੁਖ ਪਾਵਹਿ ਮਾਨਤ ਪਾਹਿ ਨਿਧਾਨਾ॥੪॥੪॥ [੭੯੭]

ਪਦ ਅਰਥ :–ਪੂਰਾ ਥਾਟੁ–ਉੱਤਮ ਜੁਗਤੀ, ਗੁਰੂ ਦੀ ਸਰਨ ਆ ਕੇ ਹਰਿ-ਨਾਮ ਜਪਣ ਦੀ ਉੱਤਮ ਜੁਗਤੀ। ਪੂਰੈ–ਪੂਰੇ (ਪ੍ਰਭੂ) ਨੇ, ਉਸ ਪ੍ਰਭੂ ਨੇ ਜਿਸ ਦੇ ਕੰਮਾਂ ਵਿਚ ਕੋਈ ਉਕਾਈ ਨਹੀਂ। ਇਕ ਸਮਾਨਾ–ਇਕੋ ਜਿਹੀ, ਜੋ ਹਰੇਕ ਜੁਗ ਵਿਚ ਇਕੋ ਜਿਹੀ ਚਲੀ ਆ ਰਹੀ ਹੈ। ਪਰਪੰਚ–ਸੰਸਾਰ। ਸਾਚਾ–ਸਦਾ ਕਾਇਮ ਰਹਿਣ ਵਾਲਾ। ਮਤੁ ਕੋ ਧਰਹੁ–ਕੋਈ ਨਾਂਹ ਧਰੇ। ਗੁਮਾਨਾ–ਅਹੰਕਾਰ। ੧।

ਮਾਹਿ–ਵਿਚ। ਮਤਿ–ਅਕਲ, ਸਿੱਖਿਆ। ਜੀਅਹੁ–ਦਿਲੋਂ। ਜਾਣੈ–ਪਛਾਣਦਾ ਹੈ, ਸਾਂਝ ਪਾਂਦਾ ਹੈ। ਅੰਤਰਿ–ਅੰਦਰ। ਰਵੈ–ਹਰ ਵੇਲੇ ਮੌਜੂਦ ਰਹਿੰਦਾ ਹੈ। ੧। ਰਹਾਉ।

ਹੁਣਿ–ਇਸ ਵੇਲੇ. ਗੁਰੂ ਦੀ ਮਤਿ ਲੈ ਕੇ [ਨੋਟ! ਵੇਖੋ 'ਰਹਾਉ' ਵਾਲਾ ਬੰਦ। ਉਸੇ ਵਿਚ ਹੀ ਕੇਂਦਰੀ ਖ਼ਿਆਲ ਹੈ]। ਨਿਬੇੜਾ–ਨਿਰਨਾ। ਨੋ–ਨੂੰ। ਨਰ ਮਨੁਖ–ਸ੍ਰੇਸ਼ਟ ਮਨੁੱਖ, ਗੁਰਮੁਖ, ਗੁਰੂ ਦੀ ਮਤਿ ਉਤੇ ਤੁਰਨ ਵਾਲੇ ਮਨੁੱਖ। ਏਕੁ ਨਿਧਾਨਾ–ਇਕ ਪ੍ਰਭੂ ਦਾ ਨਾਮ-ਖ਼ਜ਼ਾਨਾ। ਜਤੁ–ਕਾਮ-ਵਾਸਨਾ ਨੂੰ ਰੋਕਣ ਵਾਲਾ ਜਤਨ। ਸੰਜਮ–ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣਾ। ਮਹਿ–ਵਿਚ। ਕਲਿ–ਕਲਿਜੁਗ। ਕੀਰਤਿ–ਸਿਫ਼ਤਿ ਸਾਲਾਹ। ੨।

ਜੁਗਿ ਜੁਗਿ–ਹਰੇਕ ਜੁਗ ਵਿਚ।ਸੋਧਿ–ਸੋਧ ਕੇ, ਗਹੁ ਨਾਲ ਪੜ੍ਹ ਕੇ। ਗੁਰਮੁਖਿ –ਗੁਰੂ ਦੀ ਸ਼ਰਨ ਪੈ ਕੇ।ਜਗਿ–ਜਗਤ ਵਿਚ। ਤੇ–ਉਹ ਬੰਦੇ। ਪਰਵਾਨਾ–ਕਬੂਲ।੩।

ਸਿਉ–ਨਾਲ। ਚੂਕੈ–ਮੁੱਕ ਜਾਂਦਾ ਹੈ। ਮਨਿ–ਮਨ ਵਿਚ। ਸਭੇ–ਸਾਰੇ। ਪਾਹਿ–ਪਾਂਦੇ ਹਨ, ਪ੍ਰਾਪਤ ਕਰਦੇ ਹਨ। ਨਿਧਾਨਾ–ਨਾਮ-ਖ਼ਜ਼ਾਨਾ। ੪।

ਅਰਥ :–ਹੇ ਭਾਈ ! ਜਿਸ ਮਨੁੱਖ ਨੂੰ ਗੁਰੂ ਦੀ ਸਿੱਖਿਆ ਉਤੇ ਯਕੀਨ ਆ ਜਾਂਦਾ ਹੈ, ਉਹ ਮਨੁੱਖ ਗੁਰੂ(ਦੇ ਉਪਦੇਸ਼) ਵਿਚ ਲੀਨ ਰਹਿੰਦਾ ਹੈ। ਜੇਹੜਾ ਮਨੁੱਖ ਗੁਰੂ ਦੀ ਇਸ ਬਾਣੀ ਨਾਲ ਦਿਲੋਂ ਸਾਂਝ ਪਾ ਲੈਂਦਾ ਹੈ, ਉਸ ਦੇ ਅੰਦਰ ਪਰਮਾਤਮਾ ਦਾ ਨਾਮ ਸਦਾ ਟਿਕਿਆ ਰਹਿੰਦਾ ਹੈ। ੧। ਰਹਾਉ।

ਹੇ ਭਾਈ !ਵੇਖੋ,ਪੂਰਨ ਪ੍ਰਭੂ ਨੇ(ਗੁਰੂ ਦੀ ਸ਼ਰਨ ਪੈ ਕੇ ਹਰਿ-ਨਾਮ ਜਪਣ ਦੀ ਇਹ ਐਸੀ) ਉੱਤਮ ਜੁਗਤੀ ਬਣਾਈ ਹੈ ਜੋ ਹਰੇਕ ਜੁਗ ਵਿਚ ਇਕੋ ਜਿਹੀ ਚਲੀ ਆ ਰਹੀ ਹੈ। ਮਤਾਂ ਕੋਈ ਮਨੁੱਖ (ਜਤ ਸੰਜਮ ਤੀਰਥ ਆਦਿਕ ਕਰਮ ਦਾ) ਮਾਣ ਕਰ ਬਹੇ। ਇਸ ਜਗਤ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਜਪਣ ਤੋਂ ਹੀ ਇੱਜ਼ਤ ਮਿਲਦੀ ਹੈ। ੧।

ਹੇ ਭਾਈ ! ਗੁਰੂ ਦੀ ਸ਼ਰਨ ਪਿਆਂ ਹੀ ਚਹੁਆਂ ਜੁਗਾਂ ਦਾ ਨਿਰਨਾ ਸਮਝ ਵਿਚ ਆਉਂਦਾ ਹੈ (ਕਿ ਜੁਗ ਚਾਹੇ ਕੋਈ ਹੋਵੇ) ਗੁਰੂ ਦੀ ਸ਼ਰਨ ਪੈਣ ਵਾਲੇ ਮਨੁੱਖਾਂ ਨੂੰ ਪਰਮਾਤਮਾ ਦਾ ਨਾਮ-ਖ਼ਜ਼ਾਨਾ ਪ੍ਰਾਪਤ ਹੋ ਜਾਂਦਾ ਹੈ। (ਵੇਦ ਆਦਿਕ ਹਿੰਦੂ ਧਰਮ-ਪੁਸਤਕ

ਦੱਸਦੇ ਰਹੇ ਕਿ) ਜਤ ਸੰਜਮ ਅਤੇ ਤੀਰਥ-ਇਸ਼ਨਾਨ ਉਹਨਾਂ ਜੁਗਾਂ ਦਾ ਧਰਮ ਸੀ, ਪਰ ਕਲਿਜੁਗ ਵਿਚ (ਗੁਰੂ ਨਾਨਕ ਨੇ ਆ ਦੱਸਿਆ ਹੈ ਕਿ) ਪਰਮਾਤਮਾ ਦੀ ਸਿਫ਼ਤਿ ਸਾਲਾਹ, ਪਰਮਾਤਮਾ ਦਾ ਨਾਮ-ਸਿਮਰਨ ਹੀ ਅਸਲ ਧਰਮ ਹੈ। ੨।

ਹੇ ਭਾਈ! ਵੇਦ ਪੁਰਾਣ ਆਦਿਕ ਧਰਮ-ਪੁਸਤਕਾਂ ਨੂੰ ਗਹੁ ਨਾਲ ਪੜ੍ਹ ਕੇ ਵੇਖ ਲਵੋ (ਉਹ ਇਹੀ ਆਖਦੇ ਹਨ ਕਿ) ਹਰੇਕ ਜੁਗ ਵਿਚ (ਜਤ ਸੰਜਮ ਤੀਰਥ ਆਦਿਕ) ਆਪਣਾ ਆਪਣਾ ਧਰਮ (ਪਰਵਾਨ) ਹੈ। (ਪਰ ਗੁਰੂ ਦੀ ਸਿੱਖਿਆ ਇਹ ਹੈ ਕਿ) ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸ਼ਰਨ ਪੈਕੇ ਪ੍ਰਭੂ ਦਾ ਨਾਮ ਸਿਮਰਿਆ ਹੈ, ਜਗਤ ਵਿਚ ਉਹੀ ਮਨੁੱਖ ਪੂਰਨ ਹਨ ਤੇ ਕਬੂਲ ਹਨ। ੩।

ਹੇ ਭਾਈ! ਨਾਨਕ ਆਖਦਾ ਹੈ—ਜੇਹੜਾ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਪਿਆਰ ਜੋੜਦਾ ਹੈ, ਉਸ ਦੇ ਮਨ ਵਿਚੋਂ (ਕਿਸੇ ਭੀ ਤਰ੍ਹਾਂ ਦੇ ਕਰਮ ਕਾਂਡ ਦਾ) ਅਹੰਕਾਰ ਮੁੱਕ ਜਾਂਦਾ ਹੈ। ਪਰਮਾਤਮਾ ਦਾ ਨਾਮ ਸਿਮਰਨ ਵਾਲੇ, ਸੁਣਨ ਵਾਲੇ, ਸਾਰੇ ਹੀ ਆਤਮਕ ਆਨੰਦ ਪ੍ਰਾਪਤ ਕਰਦੇ ਹਨ। ਜੇਹੜੇ ਮਨੁੱਖ (ਗੁਰੂ ਦੀ ਸਿੱਖਿਆ ਉਤੇ) ਸਰਧਾ ਲਿਆਉਂਦੇ ਹਨ, ਉਹ ਪ੍ਰਭੂ ਦਾ ਨਾਮ-ਖ਼ਜ਼ਾਨਾ ਲੱਭ ਲੈਂਦੇ ਹਨ। ੪। ੪।

ਨੋਟ :—ਇਸ ਸ਼ਬਦ ਵਿਚ ਵੇਦ ਪੁਰਾਨਾਂ ਦੇ ਧਰਮ ਅਤੇ ਗੁਰ ਧਰਮ ਵਿਚ ਫ਼ਰਕ ਦੱਸਿਆ ਗਿਆ ਹੈ।

ਬਿਲਾਵਲੁ ਮਹਲਾ ੩ ॥ ਗੁਰਮੁਖਿ ਪ੍ਰੀਤਿ ਜਿਸ ਨੋ ਆਪੇ ਲਾਏ ॥ ਤਿਤੁ ਘਰਿ ਬਿਲਾਵਲੁ ਗੁਰ ਸਬਦਿ ਸੁਹਾਏ ॥ ਮੰਗਲੁ ਨਾਰੀ ਗਾਵਹਿ ਆਏ ॥ ਮਿਲਿ ਪ੍ਰੀਤਮ ਸਦਾ ਸੁਖੁ ਪਾਏ ॥ ੧ ॥ ਹਉ ਤਿਨ ਬਲਿਹਾਰੈ ਜਿਨ ਹਰਿ ਮੰਨਿ ਵਸਾਏ ॥ ਹਰਿ ਜਨ ਕਉ ਮਿਲਿਆ ਸੁਖੁ ਪਾਈਐ ਹਰਿ ਗੁਣ ਗਾਵੈ ਸਹਜਿ ਸੁਭਾਏ ॥ ੧ ॥ ਰਹਾਉ ॥ ਸਦਾ ਰੰਗਿ ਰਾਤੇ ਤੇਰੈ ਚਾਏ ॥ ਹਰਿ ਜੀਉ ਆਪਿ ਵਸੈ ਮਨਿ ਆਏ ॥ ਆਪੇ ਸੋਭਾ ਸਦ ਹੀ ਪਾਏ ॥ ਗੁਰਮੁਖਿ ਮੇਲੈ ਮੇਲਿ ਮਿਲਾਏ ॥ ੨ ॥ ਗੁਰਮੁਖਿ ਰਾਤੇ ਸਬਦਿ ਰੰਗਾਏ ॥ ਨਿਜ ਘਰਿ ਵਾਸਾ ਹਰਿ ਗੁਣ ਗਾਏ ॥ ਰੰਗਿ ਚਲੂਲੈ ਹਰਿ ਰਸਿ ਭਾਏ ॥ ਇਹੁ ਰੰਗੁ ਕਦੇ ਨ ਉਤਰੈ ਸਾਚਿ ਸਮਾਏ ॥ ੩ ॥ ਅੰਤਰਿ ਸਬਦੁ ਮਿਟਿਆ ਅਗਿਆਨੁ ਅੰਧੇਰਾ ॥ ਸਤਿਗੁਰ ਗਿਆਨੁ ਮਿਲਿਆ ਪ੍ਰੀਤਮੁ ਮੇਰਾ ॥ ਜੋ ਸਚਿ ਰਾਤੇ ਤਿਨ੍ ਬਹੁੜਿ ਨ ਫੇਰਾ ॥ ਨਾਨਕ ਨਾਮੁ ਦ੍ਰਿੜਾਏ ਪੂਰਾ ਗੁਰੁ ਮੇਰਾ ॥ ੪ ॥ ੫ ॥ [ਪੰਨਾ ੭੯੮]

ਪਦ ਅਰਥ :–ਗੁਰਮੁਖਿ–ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪਾ ਕੇ। ਜਿਸ ਨੋ–[ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ] ਜਿਸ ਨੂੰ, ਜਿਸ ਮਨੁੱਖ ਦੇ ਹਿਰਦੇ ਵਿਚ। ਆਪੇ–(ਪ੍ਰਭੂ) ਆਪ ਹੀ। ਤਿਤੁ–[ਲਫ਼ਜ਼ 'ਤਿਸੁ' ਤੋਂ ਅਧਿ-ਕਰਣ ਕਾਰਕ] ਉਸ ਵਿਚ। ਘਰਿ–ਘਰ ਵਿਚ। ਤਿਤੁ ਘਰਿ–ਉਸ ਹਿਰਦੇ-ਘਰ ਵਿਚ ['ਤਿਸੁ ਘਰਿ–ਉਸ ਦੇ ਘਰ ਵਿਚ]। ਬਿਲਾਵਲੁ–ਖ਼ੁਸ਼ੀ, ਆਨੰਦ। ਸਬਦਿ–ਸ਼ਬਦ ਦੀ ਰਾਹੀਂ। ਸੁਹਾਏ–(ਉਹ ਮਨੁੱਖ) ਸੋਹਣਾ ਬਣ ਜਾਂਦਾ ਹੈ। ਨਾਰੀ ਗਾਵਹਿ–ਨਾਰੀਆਂ ਗਾਂਦੀਆਂ ਹਨ, ਇੰਦ੍ਰੇ ਗਾਂਦੇ ਹਨ। ਮੰਗਲੁ–(ਪ੍ਰਭੂ ਦੀ) ਸਿਫ਼ਤਿ ਸਾਲਾਹ ਦਾ ਗੀਤ। ਆਇ–ਆਇ; ਆ ਕੇ, ਰਲ ਕੇ। ਮਿਲਿ–ਮਿਲ ਕੇ। ੧।

ਹਉ–ਮੈਂ। ਬਲਿਹਾਰੈ–ਕੁਰਬਾਨ। ਮੰਨਿ–ਮਨਿ,ਮਨ ਵਿਚ। ਵਸਾਏ–ਵਸਾਇਆ ਹੈ। ਮਿਲਿਆ–ਮਿਲਿਆਂ। ਕਉ–ਨੂੰ। ਪਾਈਐ–ਪ੍ਰਾਪਤ ਕਰੀਦਾ ਹੈ। ਸਹਜਿ–ਆਤਮਕ ਅਡੋਲਤਾ ਵਿਚ। ਸੁਭਾਏ–ਸੁਭਾਇ, ਪ੍ਰੇਮ ਵਿਚ। ੧। ਰਹਾਉ।

ਰੰਗਿ–ਰੰਗ ਵਿਚ, ਪ੍ਰੇਮ ਵਿਚ। ਤੇਰੈ ਚਾਏ–ਤੇਰੈ ਚਾਇ, ਤੇਰੇ ਚਾਉ ਵਿਚ। ਮਨਿ–ਮਨ ਵਿਚ। ਆਏ–ਆਇ, ਆ ਕੇ। ਆਪੇ–(ਪ੍ਰਭੂ) ਆਪ ਹੀ। ਸਦ–ਸਦਾ। ਮੇਲਿ–ਮੇਲ ਵਿਚ, ਆਪਣੇ ਚਰਨਾਂ ਵਿਚ। ੨।

ਰੰਗਾਏ–ਰੰਗ ਚਾੜ੍ਹਦਾ ਹੈ। ਨਿਜ ਘਰਿ–ਆਪਣੇ (ਹਿਰਦੇ-) ਘਰ ਵਿਚ। ਗਾਏ–ਗਾ ਕੇ। ਚਲੂਲੈ ਰੰਗਿ–ਗੂੜ੍ਹੇ ਰੰਗ ਵਿਚ। ਭਾਏ–ਭਾਇ, ਪ੍ਰੇਮ ਵਿਚ। ਸਾਚਿ–ਸਦਾ-ਥਿਰ ਪ੍ਰਭੂ ਵਿਚ। ਸਮਾਏ–ਸਮਾਇ, ਲੀਨ ਹੋ ਕੇ। ੩।

ਅੰਤਰਿ–ਅੰਦਰ। ਅਗਿਆਨੁ–(ਜੀਵਨ-ਰਾਹ ਵਲੋਂ) ਬੇ-ਸਮਝੀ। ਸਚਿ–ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ। ਬਹੁੜਿ–ਮੁੜ, ਫਿਰ। ਦ੍ਰਿੜਾਏ–ਪੱਕਾ ਕਰ ਦੇਂਦਾ ਹੈ। ੪।

ਅਰਥ :–(ਹੇ ਭਾਈ !) ਮੈਂ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ; ਜਿਨ੍ਹਾਂ ਨੇ ਪਰਮਾਤਮਾ ਨੂੰ ਆਪਣੇ ਮਨ ਵਿਚ ਵਸਾਇਆ ਹੈ। (ਹੇ ਭਾਈ !) ਪਰਮਾਤਮਾ ਦੇ (ਇਹੋ ਜਿਹੇ) ਸੇਵਕਾਂ ਦੀ ਸੰਗਤਿ ਕੀਤਿਆਂ ਆਤਮਕ ਆਨੰਦ ਮਿਲਦਾ ਹੈ। (ਜੇਹੜਾ ਮਨੁੱਖ ਹਰਿ-ਜਨਾਂ ਨੂੰ ਮਿਲਦਾ ਹੈ, ਉਹ ਭੀ) ਆਤਮਕ ਅਡੋਲਤਾ ਵਿਚ ਪ੍ਰੇਮ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਣ ਲੱਗ ਪੈਂਦਾ ਹੈ। ੧। ਰਹਾਉ।

(ਹੇ ਭਾਈ !) ਗੁਰੂ ਦੀ ਰਾਹੀਂ ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆਪਣਾ ਪਿਆਰ ਪੈਦਾ ਕਰਦਾ ਹੈ, ਉਸ ਹਿਰਦੇ-ਘਰ ਵਿਚ (ਸਦਾ) ਖਿੜਾਉ (ਬਣਿਆ ਰਹਿੰਦਾ) ਹੈ, ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਉਸ ਮਨੁੱਖ ਦਾ ਜੀਵਨ ਸੋਹਣਾ ਬਣ ਜਾਂਦਾ ਹੈ। ਉਸ ਦੇ ਸਾਰੇ ਗਿਆਨ-ਇੰਦ੍ਰੇ ਰਲ ਕੇ ਪ੍ਰਭੂ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਂਦੇ ਰਹਿੰਦੇ

ਹਨ। ਪ੍ਰਭੂ-ਪ੍ਰੀਤਮ ਨੂੰ ਮਿਲ ਕੇ ਉਹ ਮਨੁੱਖ ਸਦਾ ਆਤਮਕ ਆਨੰਦ ਮਾਣਦਾ ਹੈ।੧।

(ਹੇ ਪ੍ਰਭੂ ! ਜੇਹੜੇ ਮਨੁੱਖ ਤੇਰੀ ਸਿਫ਼ਤਿ ਸਾਲਾਹ ਕਰਦੇ ਹਨ, ਉਹ) ਸਦਾ ਤੇਰੇ ਪ੍ਰੇਮ ਵਿਚ ਤੇਰੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ। (ਹੇ ਭਾਈ !) ਪ੍ਰਭੂ ਆਪ ਉਹਨਾਂ ਦੇ ਮਨ ਵਿਚ ਆ ਵੱਸਦਾ ਹੈ। ਪ੍ਰਭੂ ਆਪ ਹੀ ਉਹਨਾਂ ਨੂੰ ਸਦਾ ਲਈ ਵਡਿਆਈ ਬਖ਼ਸ਼ਦਾ ਹੈ, ਗੁਰੂ ਦੀ ਸਰਨ ਪਾ ਕੇ ਉਹਨਾਂ ਨੂੰ ਆਪਣੇ ਨਾਲ ਮਿਲਾ ਲੈਂਦਾ ਹੈ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ। ੨।

ਹੇ ਭਾਈ ! ਗੁਰੂ ਦੀ ਸਰਨ ਪੈ ਕੇ (ਜੇਹੜੇ ਮਨੁੱਖ ਗੁਰੂ ਦੇ) ਸ਼ਬਦ ਵਿਚ ਰੰਗੇ ਜਾਂਦੇ ਹਨ, (ਪ੍ਰਭੂ ਉਹਨਾਂ ਨੂੰ ਆਪਣੇ ਨਾਮ ਦਾ) ਰੰਗ ਚਾੜ੍ਹਦਾ ਹੈ, ਪ੍ਰਭੂ ਦੇ ਗੁਣ ਗਾ ਗਾ ਕੇ ਉਹਨਾਂ ਦਾ ਆਪਣੇ ਹਿਰਦੇ-ਘਰ ਵਿਚ ਟਿਕਾਣਾ ਬਣਿਆ ਰਹਿੰਦਾ ਹੈ (ਉਹ ਕਦੇ ਭਟਕਦੇ ਨਹੀਂ) ਪ੍ਰਭੂ ਦੇ ਨਾਮ-ਰਸ ਵਿਚ ਪ੍ਰੇਮ ਵਿਚ (ਟਿਕੇ ਰਹਿਣ ਕਰ ਕੇ) ਉਹ ਗੂੜ੍ਹੇ ਰੰਗ ਵਿਚ ਰੰਗੇ ਰਹਿੰਦੇ ਹਨ। ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿਣ ਕਰਕੇ ਉਹਨਾਂ ਦਾ ਇਹ ਨਾਮ-ਰੰਗ ਕਦੇ ਨਹੀਂ ਉਤਰਦਾ। ੩।

ਹੇ ਭਾਈ ! ਜਿਨ੍ਹਾਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸਦਾ ਹੈ ਉਹਨਾਂ ਦੇ ਅੰਦਰੋਂ ਅਗਿਆਨ-ਹਨੇਰਾ ਦੂਰ ਹੋ ਜਾਂਦਾ ਹੈ, ਜਿਨ੍ਹਾਂ ਨੂੰ ਗੁਰੂ ਦਾ ਬਖ਼ਸ਼ਿਆ ਗਿਆਨ ਪ੍ਰਾਪਤ ਹੋ ਜਾਂਦਾ ਹੈ ਉਹਨਾਂ ਨੂੰ ਪਿਆਰਾ ਪ੍ਰਭੂ ਮਿਲ ਪੈਂਦਾ ਹੈ। ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪ੍ਰੇਮ) ਵਿਚ ਮਸਤ ਰਹਿੰਦੇ ਹਨ, ਉਹਨਾਂ ਨੂੰ ਜਨਮ-ਮਰਨ ਦਾ ਗੇੜ ਨਹੀਂ ਪੈਂਦਾ। (ਪਰ) ਹੇ ਨਾਨਕ ! ਪੂਰਾ ਗੁਰੂ ਹੀ (ਮਨੁੱਖ ਦੇ ਅੰਦਰ) ਨਾਮ ਜਪਣ ਦਾ ਸੁਭਾਉ ਪੱਕਾ ਕਰ ਸਕਦਾ ਹੈ। ੪। ੫।

ਬਿਲਾਵਲੁ ਮਹਲਾ ੩ ॥ ਪੂਰੇ ਗੁਰ ਤੇ ਵਡਿਆਈ ਪਾਈ ॥ ਅਚਿੰਤ ਨਾਮੁ ਵਸਿਆ ਮਨਿ ਆਈ ॥ ਹਉਮੈ ਮਾਇਆ ਸਬਦਿ ਜਲਾਈ ॥ ਦਰਿ ਸਾਚੈ ਗੁਰ ਤੇ ਸੋਭਾ ਪਾਈ ॥੧॥ ਜਗਦੀਸ ਸੇਵਉ ਮੈ ਅਵਰੁ ਨ ਕਾਜਾ ॥ ਅਨਦਿਨੁ ਅਨਦੁ ਹੋਵੈ ਮਨਿ ਮੇਰੈ ਗੁਰਮੁਖਿ ਮਾਗਉ ਤੇਰਾ ਨਾਮੁ ਨਿਵਾਜਾ॥ ੧ ॥ ਰਹਾਉ ॥ ਮਨ ਕੀ ਪਰਤੀਤਿ ਮਨ ਤੇ ਪਾਈ ॥ ਪੂਰੇ ਗੁਰ ਤੇ ਸਬਦਿ ਬੁਝਾਈ ॥ ਜੀਵਣ ਮਰਣੁ ਕੋ ਸਮਸਰਿ ਵੇਖੈ ॥ ਬਹੁੜਿ ਨ ਮਰੈ ਨਾ ਜਮ ਪੇਖੈ ॥ ੨ ॥ ਘਰ ਹੀ ਮਹਿ ਸਭਿ ਕੋਟ ਨਿਧਾਨ ॥ ਸਤਿਗੁਰਿ ਦਿਖਾਏ ਗਇਆ ਅਭਿਮਾਨੁ ॥ ਸਦ ਹੀ ਲਾਗਾ ਸਹਜਿ ਧਿਆਨ ॥ ਅਨਦਿਨੁ ਗਾਵੈ ਏਕੋ ਨਾਮ ॥੩॥ ਇਸੁ ਜੁਗ ਮਹਿ ਵਡਿਆਈ ਪਾਈ ॥ ਪੂਰੇ ਗੁਰ ਤੇ ਨਾਮੁ ਧਿਆਈ ॥ ਜਹ ਦੇਖਾ ਤਹ ਰਹਿਆ ਸਮਾਈ ॥

ਸਦਾ ਸੁਖਦਾਤਾ ਕੀਮਤਿ ਨਹੀ ਪਾਈ ॥ ੪ ॥ ਪੂਰੈ ਭਾਗਿ ਗੁਰੁ ਪੂਰਾ ਪਾਇਆ ॥ ਅੰਤਰਿ ਨਾਮੁ ਨਿਧਾਨੁ ਦਿਖਾਇਆ ॥ ਗੁਰ ਕਾ ਸਬਦੁ ਅਤਿ ਮੀਠਾ ਲਾਇਆ ॥ ਨਾਨਕ ਤ੍ਰਿਸਨ ਬੁਝੀ ਮਨਿ ਤਨਿ ਸੁਖੁ ਪਾਇਆ ॥ ੫ ॥ ੬ ॥ ੧੦ ॥ [ਪੰਨਾ ੭੯੮]

ਪਦ ਅਰਥ :–ਤੇ–ਤੋਂ । ਵਡਿਆਈ–ਗੌਰਵਤਾ, ਇੱਜ਼ਤ । ਅਚਿੰਤ ਨਾਮੁ–ਚਿੰਤਾ ਤੋਂ ਬਚਾਣ ਵਾਲਾ ਹਰਿ-ਨਾਮ । ਮਨਿ–ਮਨ ਵਿਚ । ਸਬਦਿ–ਸ਼ਬਦ ਨੇ । ਦਰਿ–ਦਰ ਉਤੇ । ੧ ।

ਜਗਦੀਸ–[ਜਗਤ-ਈਸ਼] ਹੇ ਜਗਤ ਦੇ ਮਾਲਕ ! ਸੇਵਉ–ਸੇਵਉਂ, ਮੈਂ ਸੇਵਾ ਕਰਦਾ ਰਹਾਂ । ਮੈ–ਮੈਨੂੰ । ਅਵਰੁ–ਹੋਰ । ਅਨਦਿਨੁ–ਹਰ ਰੋਜ਼ । ਗੁਰਮੁਖਿ–ਗੁਰੂ ਦੀ ਰਾਹੀਂ । ਮਾਗਉ–ਮਾਂਗਉਂ, ਮੈਂ ਮੰਗਦਾ ਹਾਂ । ਨਿਵਾਜਾ–ਬਖ਼ਸ਼ਸ਼ ਕਰਨ ਵਾਲਾ । ੧ । ਰਹਾਉ ।

ਪਰਤੀਤਿ–ਸਰਧਾ, ਨਿਸ਼ਚਾ । ਮਨ ਤੇ–ਮਨ ਤੋਂ, ਅੰਦਰੋਂ ਹੀ । ਤੇ–ਤੋਂ । ਸਬਦਿ–ਸ਼ਬਦ ਦੀ ਰਾਹੀਂ । ਬੁਝਾਈ–ਸਮਝ । ਜੀਵਣ ਮਰਣੁ–ਜਨਮ ਤੋਂ ਮਰਨ ਤਕ, ਸਾਰੀ ਉਮਰ । ਕੋ–ਜੇਹੜਾ ਕੋਈ ਮਨੁੱਖ । ਸਮਸਰਿ–ਬਰਾਬਰ, ਇੱਕ-ਸਮਾਨ । ਬਹੁੜਿ–ਮੁੜ । ਪੇਖੈ–ਵੇਖਦਾ । ੨ ।

ਘਰ–ਹਿਰਦਾ-ਘਰ । ਮਹਿ–ਵਿਚ । ਸਭਿ ਕੋਟ–ਸਾਰੇ ਕਿਲ੍ਹੇ [ਕੋਟਿ–ਕ੍ਰੋੜ । ਕੋਟੁ–ਕਿਲ੍ਹਾ । ਕੋਟ–ਕਿਲ੍ਹੇ] । ਨਿਧਾਨ–ਖ਼ਜ਼ਾਨੇ । ਸਤਿਗੁਰਿ–ਗੁਰੂ ਨੇ । ਅਭਿਮਾਨੁ–ਅਹੰਕਾਰ । ਸਦ–ਸਦਾ । ਸਹਜਿ–ਆਤਮਕ ਅਡੋਲਤਾ ਵਿਚ । ਏਕੋ ਨਾਮ–ਇਕ ਨਾਮ ਹੀ । ੩ ।

ਜੁਗ ਮਹਿ–ਜਗਤ ਵਿਚ । ਦੇਖਾ–ਦੇਖਾਂ, ਮੈਂ ਵੇਖਦਾ ਹਾਂ । ੪ ।

ਭਾਗਿ–ਕਿਸਮਤ ਨਾਲ । ਅੰਤਰਿ–(ਹਿਰਦੇ ਦੇ) ਅੰਦਰ । ਨਿਧਾਨੁ–ਖ਼ਜ਼ਾਨਾ । ਮਨਿ–ਮਨ ਵਿਚ । ਤਨਿ–ਸਰੀਰ ਵਿਚ । ੫ ।

ਅਰਥ :–ਹੇ ਜਗਤ ਦੇ ਮਾਲਕ-ਪ੍ਰਭੂ !(ਮੇਹਰ ਕਰ) ਮੈਂ (ਤੇਰਾ ਨਾਮ) ਸਿਮਰਦਾ ਰਹਾਂ, (ਇਸ ਤੋਂ ਚੰਗਾ) ਮੈਨੂੰ ਹੋਰ ਕੋਈ ਕੰਮ ਨਾਹ ਲੱਗੇ । (ਹੇ ਪ੍ਰਭੂ !)ਗੁਰੂ ਦੀ ਸਰਨ ਪੈ ਕੇ (ਆਤਮਕ ਆਨੰਦ ਦੀ) ਬਖ਼ਸ਼ਸ਼ ਕਰਨ ਵਾਲਾ ਤੇਰਾ ਨਾਮ ਮੰਗਦਾ ਹਾਂ (ਤਾ ਕਿ) ਮੇਰੇ ਮਨ ਵਿਚ (ਉਸ ਨਾਮ ਦੀ ਬਰਕਤਿ ਨਾਲ)ਹਰ ਵੇਲੇ ਆਨੰਦ ਬਣਿਆ ਰਹੇ। ੧ । ਰਹਾਉ ।

ਹੇ ਭਾਈ ! ਜਿਸ ਮਨੁੱਖ ਨੇ ਪੂਰੇ ਗੁਰੂ ਪਾਸੋਂ ਵਡਿਆਈ-ਇੱਜ਼ਤ ਪ੍ਰਾਪਤ ਕਰ ਲਈ, ਉਸ ਦੇ ਮਨ ਵਿਚ ਉਹ ਹਰਿ-ਨਾਮ ਆ ਵੱਸਦਾ ਹੈ ਜੋ ਹਰੇਕ ਕਿਸਮ ਦਾ ਫ਼ਿਕਰ-

ਤੌਖਲਾ ਦੂਰ ਕਰ ਦੇਂਦਾ ਹੈ।ਜਿਸ ਮਨੁੱਖ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰੋਂ) ਮਾਇਆ ਦੇ ਕਾਰਨ ਪੈਦਾ ਹੋਈ ਹਉਮੈ ਸਾੜ ਲਈ, ਉਸ ਨੇ ਗੁਰੂ ਦੀ ਕਿਰਪਾ ਨਾਲ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਦਰ ਤੇ ਸੋਭਾ ਖੱਟ ਲਈ । ੧ ।

ਹੇ ਭਾਈ ! ਜਿਸ ਮਨੁੱਖ ਨੇ ਪੂਰੇ ਗੁਰੂ ਪਾਸੋਂ (ਉਸ ਦੇ) ਸ਼ਬਦ ਦੀ ਰਾਹੀਂ (ਆਤਮਕ ਜੀਵਨ ਦੀ) ਸੂਝ ਪ੍ਰਾਪਤ ਕਰ ਲਈ, ਉਸ ਨੇ ਆਪਣੇ ਅੰਦਰੋਂ ਹੀ ਆਪਣੇ ਮਨ ਵਾਸਤੇ ਸਰਧਾ-ਵਿਸ਼ਵਾਸ਼ ਦੀ ਦਾਤਿ ਲੱਭ ਲਈ (ਇਹ ਸਰਧਾ ਕਿ ਪਰਮਾਤਮਾ ਸਾਰੇ ਜਗਤ ਵਿਚ ਇਕ-ਸਮਾਨ ਵਿਆਪਕ ਹੈ) । ਹੇ ਭਾਈ ! ਜੇਹੜਾ ਭੀ ਮਨੁੱਖ ਸਾਰੀ ਉਮਰ ਪ੍ਰਭੂ ਨੂੰ (ਸ੍ਰਿਸ਼ਟੀ ਵਿਚ) ਇਕ-ਸਮਾਨ (ਵੱਸਦਾ) ਵੇਖਦਾ ਹੈ, ਉਸ ਨੂੰ ਕਦੇ ਆਤਮਕ ਮੌਤ ਨਹੀਂ ਵਿਆਪਦੀ, ਉਸ ਵਲ ਜਮਰਾਜ ਕਦੇ ਨਹੀਂ ਤੱਕਦਾ । ੨ ।

ਹੇ ਭਾਈ ! (ਹਰੇਕ ਮਨੁੱਖ ਦੇ) ਹਿਰਦੇ-ਘਰ ਵਿਚ ਸਾਰੇ(ਸੁਖਾਂ ਦੇ)ਖ਼ਜ਼ਾਨਿਆਂ ਦੇ (ਕੋਟਾਂ ਦੇ) ਕੋਟ ਮੌਜੂਦ ਹਨ । ਜਿਸ ਮਨੁੱਖ ਨੂੰ ਗੁਰੂ ਨੇ (ਇਹ ਕੋਟ) ਵਿਖਾ ਦਿੱਤੇ, ਉਸ ਦੇ ਅੰਦਰੋਂ ਅਹੰਕਾਰ ਦੂਰ ਹੋ ਗਿਆ । ਉਹ ਮਨੁੱਖ ਸਦਾ ਹੀ ਆਤਮਕ ਅਡੋਲਤਾ ਵਿਚ ਸੁਰਤਿ ਜੋੜੀ ਰੱਖਦਾ ਹੈ । ਉਹ ਮਨੁੱਖ ਹਰ ਵੇਲੇ ਇਕੋ ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ । ੩ ।

ਹੇ ਭਾਈ ! ਜੇਹੜਾ ਮਨੁੱਖ ਪੂਰੇ ਗੁਰੂ ਪਾਸੋਂ (ਸਿੱਖਿਆ ਲੈ ਕੇ) ਪ੍ਰਭੂ ਦਾ ਨਾਮ ਸਿਮਰਦਾ ਹੈ, ਉਹ ਇਸ ਜਗਤ ਵਿਚ ਇੱਜ਼ਤ ਪ੍ਰਾਪਤ ਕਰਦਾ ਹੈ । ਹੇ ਭਾਈ ! ਮੈਂ ਤਾਂ ਜਿੱਧਰ ਵੇਖਦਾ ਹਾਂ, ਉਧਰ ਹੀ ਉਹ ਪਰਮਾਤਮਾ ਮੌਜੂਦ ਦਿੱਸਦਾ ਹੈ । ਉਹ ਸਦਾ ਹੀ (ਸਭਨਾਂ ਨੂੰ) ਸੁਖ ਦੇਣ ਵਾਲਾ ਹੈ । ਪਰ ਉਹ ਕਿਸੇ ਮੁੱਲ ਤੋਂ ਨਹੀਂ ਮਿਲ ਸਕਦਾ ।੪।

ਹੇ ਭਾਈ!ਜਿਸ ਮਨੁੱਖ ਨੇ ਪੂਰੀ ਕਿਸਮਤ ਨਾਲ ਪੂਰਾ ਗੁਰੂ ਲੱਭ ਲਿਆ,ਗੁਰੂ ਨੇ ਉਸ ਨੂੰ ਉਸ ਦੇ ਹਿਰਦੇ ਵਿਚ ਹੀ ਪਰਮਾਤਮਾ ਦਾ ਨਾਮ-ਖ਼ਜ਼ਾਨਾ ਵਿਖਾਲ ਦਿੱਤਾ । ਹੇ ਨਾਨਕ ! ਜਿਸ ਮਨੁੱਖ ਨੂੰ ਗੁਰੂ ਦਾ ਸ਼ਬਦ ਬਹੁਤ ਪਿਆਰਾ ਲੱਗਣ ਲੱਗ ਪਿਆ, ਉਸ ਦੇ ਅੰਦਰੋਂ ਮਾਇਆ ਦੀ ਤ੍ਰੇਹ ਬੁੱਝ ਗਈ । ਉਸ ਨੂੰ ਆਪਣੇ ਮਨ ਵਿਚ ਆਪਣੇ ਹਿਰਦੇ ਵਿਚ ਆਨੰਦ ਹੀ ਆਨੰਦ ਹਾਸਲ ਹੋ ਗਿਆ । ੫ । ੬ । ੧੦ ।

ਮ: ੧-- ੪ ਸ਼ਬਦ
ਮ: ੩-- ੬ ਸ਼ਬਦ
ਜੋੜ--੧੦ ਸ਼ਬਦ

ਰਾਗੁ ਬਿਲਾਵਲੁ ਮਹਲਾ ੪ ਘਰੁ ੩

੧ ੴ ਸਤਿਗੁਰਪ੍ਰਸਾਦਿ ॥

ਉਦਮ ਮਤਿ ਪ੍ਰਭ ਅੰਤਰਜਾਮੀ ਜਿਉ ਪ੍ਰੇਰੇ ਤਿਉ ਕਰਨਾ॥ਜਿਉ ਨਟੂਆ

ਤੰਤੁ ਵਜਾਏ ਤੰਤੀ ਤਿਉ ਵਾਜਹਿ ਜੰਤ ਜਨਾ ॥ ੧ ॥ ਜਪਿ ਮਨ ਰਾਮਨਾਮੁ ਰਸਨਾ ॥ ਮਸਤਕਿ ਲਿਖਤ ਲਿਖੇ ਗੁਰੁ ਪਾਇਆ, ਹਰਿ ਹਿਰਦੈ ਹਰਿ ਬਸਨਾ ॥੧॥ ਰਹਾਉ ॥ ਮਾਇਆ ਗਿਰਸਤਿ ਭ੍ਰਮਤੁ ਹੈ ਪ੍ਰਾਨੀ, ਰਖਿ ਲੇਵਹੁ ਜਨੁ ਅਪਨਾ ॥ਜਿਉ ਪ੍ਰਹਿਲਾਦੁ ਹਰਣਾਖਸਿ ਗ੍ਰਸਿਓ, ਹਰਿ ਰਾਖਿਓ ਹਰਿ ਸਰਨਾ ॥੨॥ ਕਵਨ ਕਵਨ ਕੀ ਗਤਿ ਮਿਤਿ ਕਹੀਐ ਹਰਿ ਕੀਏ ਪਤਿਤ ਪਵੰਨਾ ॥ ਓਹੁ ਢੋਵੈ ਢੋਰ, ਹਾਥਿ ਚਮੁ ਚਮਰੇ, ਹਰਿ ਉਧਰਿਓ ਪਰਿਓ ਸਰਨਾ ॥ ੩॥ ਪ੍ਰਭ ਦੀਨ ਦਇਆਲ ਭਗਤ ਭਵ ਤਾਰਨ, ਹਮ ਪਾਪੀ ਰਾਖੁ ਪਪਨਾ ॥ ਹਰਿ ਦਾਸਨ ਦਾਸ ਦਾਸ ਹਮ ਕਰੀਅਹੁ, ਜਨ ਨਾਨਕ ਦਾਸ ਦਾਸੰਨਾ ॥੪॥੧॥ [ਪੰਨਾ ੭੯੮]

ਪਦ ਅਰਥ :-ਅੰਤਰਜਾਮੀ-ਸਭ ਦੇ ਦਿਲ ਦੀ ਜਾਣਨ ਵਾਲਾ। ਪ੍ਰੇਰੇ-ਪ੍ਰੇਰਨਾ ਕਰਦਾ ਹੈ। ਨਟੂਆ-ਨਾਟਕ ਕਰਨ ਵਾਲਾ। ਤੰਤੀ-ਵੀਣਾ। ਤੰਤੁ-ਤਾਰ। ਤੰਤੀ ਤੰਤੁ-ਵੀਣਾ ਦੀ ਤਾਰ। ਜੰਤ-[ਯਨ੍ਤ੍ਰ] ਵਾਜੇ। ਵਾਜਹਿ-ਵੱਜਦੇ ਹਨ।ਜਨਾ-ਜੀਵ। ੧।

ਮਨ-ਹੇ ਮਨ ! ਰਸਨਾ-ਜੀਭ ਨਾਲ। ਮਸਤਕਿ-ਮੱਥੇ ਉਤੇ। ਹਿਰਦੈ-ਹਿਰਦੇ ਵਿਚ। ੧। ਰਹਾਉ।

ਗਿਰਸਤਿ-ਗ੍ਰਸਿਆ ਹੋਇਆ,ਜਕੜਿਆ ਹੋਇਆ।ਪ੍ਰਾਨੀ-ਜੀਵ।ਜਨੁ-ਦਾਸ। ਹਰਣਾਖਸਿ-ਹਰਣਾਖਸ ਨੇ। ਗ੍ਰਸਿਓ-ਗ੍ਰਸਿਆ, ਆਪਣੇ ਕਾਬੂ ਵਿਚ ਕੀਤਾ। ੨।

ਗਤਿ ਮਿਤਿ-ਹਾਲਤ। ਪਤਿਤ-ਵਿਕਾਰੀ, ਵਿਕਾਰਾਂ ਵਿਚ ਡਿੱਗੇ ਹੋਏ [ਪਤ੍-to fall]। ਪਵੰਨਾ-ਪਵਿੱਤਰ। ਢੋਰ-ਮੋਏ ਹੋਏ ਪਸ਼ੂ। ਹਾਥਿ-ਹੱਥ ਵਿਚ। ਚਮਰੇ ਹਾਥਿ-ਚਮਾਰ ਦੇ ਹੱਥ ਵਿਚ। ਉਧਰਿਓ-ਪਾਰ ਲੰਘਾ ਦਿੱਤਾ। ੩।

ਦੀਨ-ਗਰੀਬ, ਕੰਗਾਲ। ਦਇਆਲ-ਦਇਆ ਦਾ ਘਰ। ਦੀਨ ਦਇਆਲ-ਹੇ ਦੀਨਾਂ ਉਤੇ ਦਇਆ ਕਰਨ ਵਾਲੇ ! ਭਵ-ਸੰਸਾਰ-ਸਮੁੰਦਰ। ਭਵ ਤਾਰਨ-ਹੇ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ ! ਪਪਨਾ-ਪਾਪਾਂ ਤੋਂ । ਦਾਸ ਦਾਸੰਨਾ-ਦਾਸਾਂ ਦਾ ਦਾਸ। ੪।

ਅਰਥ :-ਹੇ (ਮੇਰੇ) ਮਨ ! ਜੀਭ ਨਾਲ ਪਰਮਾਤਮਾ ਦਾ ਨਾਮ ਜਪਿਆ ਕਰ। ਜਿਸ ਮਨੁੱਖ ਦੇ ਮੱਥੇ ਉਤੇ ਲਿਖੇ ਹੋਏ ਚੰਗੇ ਭਾਗ ਉੱਘੜ ਪੈਣ,ਉਸ ਨੂੰ ਗੁਰੂ ਮਿਲ ਪੈਂਦਾ ਹੈ, (ਗੁਰੂ ਦੀ ਸਹੈਤਾ ਨਾਲ ਉਸ ਦੇ) ਹਿਰਦੇ ਵਿਚ ਪ੍ਰਭੂ ਆ ਵੱਸਦਾ ਹੈ। ੧। ਰਹਾਉ।

ਸਭ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਉੱਦਮ ਕਰਨ ਦੀ ਅਕਲ (ਜੀਵਾਂ ਨੂੰ ਆਪ ਦੇਂਦਾ ਹੈ)। ਜਿਵੇਂ ਉਹ ਸਾਨੂੰ ਪ੍ਰੇਰਨਾ ਕਰਦਾ ਹੈ ਤਿਵੇਂ ਅਸੀਂ ਕਰਦੇ ਹਾਂ।

ਜਿਵੇਂ ਕੋਈ ਨਾਟਕ ਕਰਨ ਵਾਲਾ ਮਨੁੱਖ ਵੀਣਾ (ਆਦਿਕ ਸਾਜ) ਦੀ ਤਾਰ ਵਜਾਂਦਾ ਹੈ (ਤਿਵੇਂ ਉਹ ਸਾਜ ਵੱਜਦਾ ਹੈ); ਤਿਵੇਂ ਸਾਰੇ ਜੀਵ (ਜੋ, ਮਾਨੋ) ਵਾਜੇ (ਹਨ, ਪ੍ਰਭੂ ਦੇ ਵਜਾਇਆਂ) ਵੱਜਦੇ ਹਨ। ੧।

ਹੇ ਪ੍ਰਭੂ !ਮਾਇਆ ਦੇ ਮੋਹ ਵਿਚ ਫਸਿਆ ਹੋਇਆ ਜੀਵ ਭਟਕਦਾ ਫਿਰਦਾ ਹੈ, (ਮੈਨੂੰ) ਆਪਣੇ ਦਾਸ ਨੂੰ (ਇਸ ਮਾਇਆ ਦੇ ਮੋਹ ਤੋਂ) ਬਚਾ ਲੈ (ਉਸ ਤਰ੍ਹਾਂ ਬਚਾ ਲੈ) ਜਿਵੇਂ, ਹੇ ਹਰੀ! ਤੂੰ ਸਰਨ ਪਏ ਪ੍ਰਹਿਲਾਦ ਦੀ ਰੱਖਿਆ ਕੀਤੀ,ਜਦੋਂ ਉਸ ਨੂੰ ਹਰਣਾਖਸ ਨੇ ਦੁੱਖ ਦਿੱਤਾ। ੨।

ਹੇ ਭਾਈ ! ਕਿਸ ਕਿਸ ਦੀ ਹਾਲਤ ਦੱਸੀ ਜਾਏ ? ਉਹ ਪਰਮਾਤਮਾ ਤਾਂ ਬੜੇ ਬੜੇ ਵਿਕਾਰੀਆਂ ਨੂੰ ਪਵਿੱਤਰ ਕਰ ਦੇਂਦਾ ਹੈ। (ਵੇਖੋ,) ਉਹ (ਰਵਿਦਾਸ) ਮੋਏ ਹੋਏ ਪਸ਼ੂ ਢੋਂਦਾ ਸੀ, (ਉਸ) ਚਮਾਰ ਦੇ ਹੱਥ ਵਿਚ (ਨਿੱਤ)ਚਮ (ਫੜਿਆ ਹੁੰਦਾ) ਸੀ, ਪਰ ਜਦੋਂ ਉਹ ਪ੍ਰਭੂ ਦੀ ਸਰਨ ਪਿਆ, ਪ੍ਰਭੂ ਨੇ ਉਸ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤਾ। ੩।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ! ਹੇ ਭਗਤਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਵਾਲੇ ਪ੍ਰਭੂ ! ਸਾਨੂੰ ਪਾਪੀ ਜੀਵਾਂ ਨੂੰ ਪਾਪਾਂ ਤੋਂ ਬਚਾ ਲੈ। ਹੇ ਦਾਸ ਨਾਨਕ ! (ਆਖ–ਹੇ ਪ੍ਰਭੂ !) ਸਾਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਦਾਸ ਬਣਾ ਲੈ।੪।੧।

ਬਿਲਾਵਲੁ ਮਹਲਾ ੪ ॥ ਹਮ ਮੂਰਖ ਮੁਗਧ ਅਗਿਆਨ ਮਤੀ ਸਰਣਾਗਤਿ ਪੁਰਖ ਅਜਨਮਾ ॥ ਕਰਿ ਕਿਰਪਾ ਰਖਿ ਲੇਵਹੁ ਮੇਰੇ ਠਾਕੁਰ ਹਮ ਪਾਥਰ ਹੀਨ ਅਕਰਮਾ ॥੧॥ ਮੇਰੇ ਮਨ ਭਜੁ ਰਾਮਨਾਮੈ ਰਾਮਾ ॥ ਗੁਰਮਤਿ ਹਰਿ ਰਸੁ ਪਾਈਐ ਹੋਰਿ ਤਿਆਗਹੁ ਨਿਹਫਲ ਕਾਮਾ ॥ ੧ ॥ ਰਹਾਉ ॥ ਹਰਿ ਜਨ ਸੇਵਕ ਸੇ ਹਰਿ ਤਾਰੇ ਹਮ ਨਿਰਗੁਨ ਰਾਖੁ ਉਪਮਾ ॥ ਤੁਝ ਬਿਨੁ ਅਵਰੁ ਨ ਕੋਈ ਮੇਰੇ ਠਾਕੁਰ ਹਰਿ ਜਪੀਐ ਵਡੇ ਕਰੰਮਾ ॥੨॥ਨਾਮ ਹੀਨ ਧ੍ਰਿਗੁ ਜੀਵਤੇ ਤਿਨ ਵਡ ਦੂਖ ਸਹੰਮਾ॥ਓਇ ਫਿਰਿ ਫਿਰਿ ਜੋਨਿ ਭਵਾਈਅਹਿ ਮੰਦਭਾਗੀ ਮੂੜ ਅਕਰਮਾ ॥ ੩ ॥ ਹਰਿ ਜਨ ਨਾਮੁ ਅਧਾਰੁ ਹੈ ਧੁਰਿ ਪੂਰਬਿ ਲਿਖੇ ਵਡ ਕਰਮਾ॥ਗੁਰਿ ਸਤਿਗੁਰਿ ਨਾਮੁ ਦ੍ਰਿੜਾਇਆ ਜਨ ਨਾਨਕ ਸਫਲੁ ਜਨੰਮਾ ॥ ੪ ॥ ੨ ॥ [ਪੰਨਾ ੭੯੯]

ਪਦ ਅਰਥ :–ਮੁਗਧ–ਮੂਰਖ। ਗਿਆਨ–ਸਹੀ ਜੀਵਨ ਦੀ ਸੂਝ। ਅਗਿਆਨ ਮਤੀ–(ਸਹੀ ਜੀਵਨ ਵਲੋਂ) ਬੇ-ਸਮਝੀ। ਸਰਣਾਗਤਿ–ਸਰਣ-ਆਗਤਿ, ਸਰਨ ਪਏ। ਪੁਰਖ–ਹੇ ਸਰਬ-ਵਿਆਪਕ ! ਅਜਨਮਾ–ਹੇ ਜਨਮ ਤੋਂ ਰਹਿਤ ! ਹੀਨ–ਨਿਮਾਣੇ।

ਅਕਰਮਾ--ਅ-ਕਰਮ, ਕਰਮ-ਹੀਣ, ਭਾਗ-ਹੀਣ । ੧ ।

ਭਜੁ–ਸਿਮਰ । ਨਾਮੈ–ਨਾਮ ਨੂੰ । ਰਸੁ–ਆਨੰਦ ।ਹੋਰਿ–[ਲਫ਼ਜ਼ 'ਹੋਰ' ਤੋਂ ਬਹੁ ਵਚਨ] । ਕਾਮਾ–ਕੰਮ ।੧। ਰਹਾਉ ।

ਸੇ–[ਬਹੁ ਵਚਨ] ਉਹ ਬੰਦੇ । ਨਿਰਗੁਨ–ਗੁਣ-ਹੀਨ । ਉਪਮਾ–ਵਡਿਆਈ, ਸੋਭਾ । ਅਵਰੁ–ਹੋਰ । ਠਾਕੁਰ–ਹੇ ਠਾਕੁਰ ! ਵਡ ਕਰੰਮਾ -ਵੱਡੇ ਭਾਗਾਂ ਨਾਲ । ੨ ।

ਹੀਨ–ਸੱਖਣੇ, ਖ਼ਾਲੀ । ਧ੍ਰਿਗੁ–ਫਿਟਕਾਰ-ਜੋਗ । ।ਹੰਮਾ–ਸਹਿਮ, ਫਿਕਰ । ਓਇ–[ਲਫ਼ਜ਼ 'ਓਹ' ਤੋਂ ਬਹੁ ਵਚਨ] । ਫਿਰਿ ਫਿਰਿ–ਮੁੜ ਮੁੜ । ਭਵਾਈਅਹਿ–ਭਵਾਏ ਜਾਂਦੇ ਹਨ । ਅਕਰਮ–ਭਾਗ-ਹੀਣ । ੩ ।

ਅਧਾਰੁ–ਆਸਰਾ । ਧੁਰਿ–ਧੁਰ ਦਰਗਾਹ ਤੋਂ । ਪੂਰਬਿ–ਪੂਰਬਲੇ ਜਨਮ ਵਿਚ । ਕਰਮ–ਭਾਗ । ਗੁਰਿ–ਗੁਰੂ ਨੇ । ਸਤਿਗੁਰਿ--ਸਤਿਗੁਰੂ ਨੇ । ਦ੍ਰਿੜਾਇਆ–(ਹਿਰਦੇ ਵਿਚ) ਪੱਕਾ ਕਰਾ ਦਿੱਤਾ । ਸਫਲੁ–ਕਾਮਯਾਬ । ੪ ।

ਅਰਥ :–ਹੇ (ਮੇਰੇ) ਮਨ ! ਸਦਾ ਪਰਮਾਤਮਾ ਦਾ ਨਾਮ ਸਿਮਰਦਾ ਰਹੁ । (ਹੇ ਭਾਈ !) ਗੁਰੂ ਦੀ ਮਤਿ ਉਤੇ ਤੁਰਿਆਂ ਹੀ ਪਰਮਾਤਮਾ ਦੇ ਨਾਮ ਦਾ ਆਨੰਦ ਮਿਲਦਾ ਹੈ । ਛੱਡੋ ਹੋਰ ਕੰਮਾਂ ਦਾ ਮੋਹ, (ਜਿੰਦ ਨੂੰ ਉਹਨਾਂ ਤੋਂ) ਕੋਈ ਲਾਭ ਨਹੀਂ ਮਿਲੇਗਾ ।੧। ਰਹਾਉ ।

ਹੇ ਸਰਬ-ਵਿਆਪਕ ਪ੍ਰਭੂ ! ਹੇ ਜੂਨਾਂ ਤੋਂ ਰਹਿਤ ਪ੍ਰਭੂ ! ਅਸੀ ਜੀਵ ਮੂਰਖ ਹਾਂ, ਬੜੇ ਮੂਰਖ ਹਾਂ, ਬੇ-ਸਮਝ ਹਾਂ (ਪਰ) ਤੇਰੀ ਸਰਨ ਪਏ ਹਾਂ । ਹੇ ਮੇਰੇ ਠਾਕੁਰ ! ਮੇਹਰ ਕਰ,ਸਾਡੀ ਰੱਖਿਆ ਕਰ, ਅਸੀ ਪੱਥਰ (-ਦਿਲ)ਹਾਂ, ਅਸੀਂ ਨਿਮਾਣੇ ਹਾਂ ਤੇ ਮੰਦ-ਭਾਗੀ ਹਾਂ । ੧ ।

ਹੇ ਹਰੀ ! ਜੇਹੜੇ ਮਨੁੱਖ ਤੇਰੇ (ਦਰ ਦੇ) ਸੇਵਕ ਬਣਦੇ ਹਨ ਤੂੰ ਉਹਨਾਂ ਨੂੰ ਪਾਰ ਲੰਘਾ ਲੈਂਦਾ ਹੈਂ । (ਪਰ) ਅਸੀ ਗੁਣ-ਹੀਨ ਹਾਂ, (ਗੁਣ-ਹੀਨਾਂ ਦੀ ਭੀ) ਰੱਖਿਆ ਕਰ (ਇਸ ਵਿਚ ਭੀ ਤੇਰੀ ਹੀ) ਸੋਭਾ ਹੋਵੇਗੀ । ਹੇ ਮੇਰੇ ਠਾਕੁਰ ! ਤੈਥੋਂ ਬਿਨਾ ਮੇਰਾ ਕੋਈ (ਮਦਦਗਾਰ) ਨਹੀਂ । (ਹੇ ਭਾਈ !) ਵੱਡੀ ਕਿਸਮਤ ਨਾਲ ਹੀ ਪ੍ਰਭੂ ਦਾ ਨਾਮ ਜਪਿਆ ਜਾ ਸਕਦਾ ਹੈ । ੨ ।

(ਹੇ ਭਾਈ !) ਜੇਹੜੇ ਮਨੁੱਖ ਪ੍ਰਭੂ ਦੇ ਨਾਮ ਤੋਂ ਵਾਂਜੇ ਰਹਿੰਦੇ ਹਨ, ਉਹਨਾਂ ਦਾ ਜੀਊਣਾ ਫਿਟਕਾਰ-ਜੋਗ ਹੀ ਹੁੰਦਾ ਹੈ । ਉਹਨਾਂ ਨੂੰ ਬੜੇ ਦੁੱਖ ਸਹਿਮ (ਚੰਬੜੇ ਰਹਿੰਦੇ ਹਨ) । ਉਹ ਮਨੁੱਖ ਮੁੜ ਮੁੜ ਜੂਨਾਂ ਵਿਚ ਪਾਏ ਜਾਂਦੇ ਹਨ । ਉਹ ਮੂਰਖ ਬੰਦੇ ਕਰਮ-ਹੀਣ ਹੀ ਰਹਿੰਦੇ ਹਨ, ਮੰਦ-ਭਾਗੀ ਹੀ ਰਹਿੰਦੇ ਹਨ । ੩ ।

ਹੇ ਭਾਈ ! ਪਰਮਾਤਮਾ ਦੇ ਭਗਤਾਂ ਨੂੰ ਪਰਮਾਤਮਾ ਦਾ ਨਾਮ (ਹੀ ਜੀਵਨ ਦਾ)

ਸਹਾਰਾ ਹੈ। ਧੁਰ ਦਰਗਾਹ ਤੋਂ ਪੂਰਬਲੇ ਜਨਮ ਵਿਚ (ਉਹਨਾਂ ਦੇ ਮੱਥੇ ਉਤੇ) ਵੱਡੇ ਭਾਗ ਲਿਖੇ ਹੋਏ ਸਮਝੋ। ਹੇ ਦਾਸ ਨਾਨਕ! ਗੁਰੂ ਨੇ ਸਤਿਗੁਰੂ ਨੇ ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਸਿਮਰਨ ਪੱਕਾ ਕਰ ਦਿੱਤਾ, ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ। ੪। ੨।

ਬਿਲਾਵਲੁ ਮਹਲਾ ੪ ॥ ਹਮਰਾ ਚਿਤੁ ਲੁਭਤ ਮੋਹਿ ਬਿਖਿਆ, ਬਹੁ ਦੁਰਮਤਿ ਮੈਲੁ ਭਰਾ ॥ ਤੁਮ੍ਰੀ ਸੇਵਾ ਕਰਿ ਨ ਸਕਹ ਪ੍ਰਭ, ਹਮ ਕਿਉਕਰਿ ਮੁਗਧ ਤਰਾ ॥ ੧ ॥ ਮੇਰੇ ਮਨ, ਜਪਿ ਨਰਹਰ ਨਾਮੁ ਨਰਹਰਾ ॥ ਜਨ ਊਪਰਿ ਕਿਰਪਾ ਪ੍ਰਭਿ ਧਾਰੀ, ਮਿਲਿ ਸਤਿਗੁਰ ਪਾਰਿ ਪਰਾ ॥ ੧ ॥ ਰਹਾਉ ॥ ਹਮਰੇ ਪਿਤਾ ਠਾਕੁਰ ਪ੍ਰਭ ਸੁਆਮੀ, ਹਰਿ ਦੇਹੁ ਮਤੀ ਜਸੁ ਕਰਾ ॥ ਤੁਮ੍ਰੈ ਸੰਗਿ ਲਗੇ ਸੇ ਉਧਰੇ, ਜਿਉ ਸੰਗਿ ਕਾਸਟ ਲੋਹ ਤਰਾ ॥ ੨ ॥ ਸਾਕਤ ਨਰ ਹੋਛੀ ਮਤਿ ਮਧਿਮ, ਜਿਨ੍ ਹਰਿ ਹਰਿ ਸੇਵ ਨ ਕਰਾ ॥ ਤੇ ਨਰ ਭਾਗਹੀਨ ਦੁਹਚਾਰੀ, ਓਇ ਜਨਮਿ ਮੁਏ ਫਿਰਿ ਮਰਾ ॥ ੩ ॥ ਜਿਨ ਕਉ ਤੁਮ੍ ਹਰਿ ਮੇਲਹੁ ਸੁਆਮੀ, ਤੇ ਨ੍ਹਾਏ ਸੰਤੋਖ ਗੁਰ ਸਰਾ ॥ ਦੁਰਮਤਿ ਮੈਲੁ ਗਈ ਹਰਿ ਭਜਿਆ, ਜਨ ਨਾਨਕ ਪਾਰਿ ਪਰਾ ॥ ੪ ॥ ੩ ॥ [ਪੰਨਾ ੭੯੯]

ਪਦ ਅਰਥ :—ਲੁਭਤ—ਲੋਭ ਵਿਚ ਫਸਿਆ ਹੋਇਆ, ਗ੍ਰਸਿਆ ਹੋਇਆ। ਮੋਹਿ—ਮੋਹ ਵਿਚ। ਬਿਖਿਆ—ਮਾਇਆ। ਦੁਰਮਤਿ—ਖੋਟੀ ਮਤਿ। ਭਰਾ—ਭਰਿਆ ਹੋਇਆ; ਕਰਿ ਨ ਸਕਹ—ਅਸੀ ਕਰ ਨਹੀਂ ਸਕਦੇ [ਸਕਹ—ਵਰਤਮਾਨ ਕਾਲ, ਉੱਤਮ ਪੁਰਖ, ਬਹੁ ਵਚਨ]। ਕਿਉ ਕਰਿ—ਕਿਵੇਂ ? ਮੁਗਧ—ਮੂਰਖ। ੧।

ਮਨ—ਹੇ ਮਨ! ਨਰਹਰ—[नरहर नरसिंह] ਪਰਮਾਤਮਾ । ਪ੍ਰਭਿ—ਪ੍ਰਭੂ ਨੇ। ਮਿਲਿ—ਮਿਲ ਕੇ। ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ। ਪਾਰਿ ਪਰਾ—ਪਾਰ ਲੰਘ ਗਿਆ। ੧। ਰਹਾਉ।

ਠਾਕੁਰ—ਹੇ ਠਾਕੁਰ! ਮਤੀ—ਅਕਲ, ਸਮਝ। ਜਸੁ—ਸਿਫ਼ਤਿ ਸਾਲਾਹ। ਸੰਗਿ—ਨਾਲ, ਸੰਗਤਿ ਵਿਚ। ਸੇ—ਉਹ ਬੰਦੇ [ਬਹੁ ਵਚਨ]। ਕਾਸਟ—ਕਾਠ, ਲੱਕੜ। ਲੋਹ—ਲੋਹਾ। ੨।

ਸਾਕਤ ਨਰ—ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ। ਹੋਛੀ—ਹੌਲੀ! ਮਧਿਮ—[सध्यस] ਨਿੰਮ੍ਹੀ, ਕਮਜ਼ੋਰ। ਤੇ ਨਰ—ਉਹ ਬੰਦੇ [ਤੇ—ਬਹੁ ਵਚਨ]। ਦੁਹਚਾਰੀ—ਕੁਕਰਮੀ, ਦੁਰਾਚਾਰੀ। ਓਇ—[ਲਫ਼ਜ਼ 'ਓਹ' ਤੋਂ ਬਹੁ ਵਚਨ]। ੩।

ਕਉ—ਨੂੰ । ਸੁਆਮੀ—ਹੇ ਸੁਆਮੀ! ਨ੍ਹਾਏ—ਇਸ਼ਨਾਨ ਕਰਦੇ ਹਨ। ਸੰਤੋਖ

ਗੁਰ ਸਰਾ—ਗੁਰ ਸੰਤੋਖਸਰਾ, ਸੰਤੋਖ ਦੇ ਸਰੋਵਰ ਗੁਰੂ ਵਿਚ, ਉਸ ਗੁਰੂ ਵਿਚ ਜੋ ਸੰਤੋਖ ਦਾ ਸਰ ਹੈ [ਨੋਟ ! ਅੰਮ੍ਰਿਤਸਰ ਵਾਲੇ 'ਸੰਤੋਖਸਰ' ਦਾ ਇਥੇ ਜ਼ਿਕਰ ਨਹੀਂ । ਉਹ ਅਜੇ ਬਣਿਆ ਹੀ ਨਹੀਂ ਸੀ] । ੪ ।

ਅਰਥ :—ਹੇ ਮੇਰੇ ਮਨ ! ਪਰਮਾਤਮਾ ਦਾ ਨਾਮ ਸਦਾ ਜਪਿਆ ਕਰ। ਜਿਸ ਮਨੁੱਖ ਉਤੇ ਪ੍ਰਭੂ ਨੇ ਕਿਰਪਾ ਕੀਤੀ, ਉਹ ਗੁਰੂ ਨੂੰ ਮਿਲ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ । ੧ । ਰਹਾਉ ।

ਹੇ ਪ੍ਰਭੂ ! ਅਸਾਂ ਜੀਵਾਂ ਦਾ ਮਨ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਖੋਟੀ ਮਤਿ ਦੀ ਮੈਲ ਨਾਲ ਬਹੁਤ ਭਰਿਆ ਰਹਿੰਦਾ ਹੈ; ਇਸੇ ਵਾਸਤੇ ਅਸੀ ਤੇਰੀ ਸੇਵਾ-ਭਗਤੀ ਕਰ ਨਹੀਂ ਸਕਦੇ । ਹੇ ਪ੍ਰਭੂ ! ਅਸੀ ਮੂਰਖ ਕਿਵੇਂ ਸੰਸਾਰ-ਸਮੁੰਦਰ ਤੋਂ ਪਾਰ ਲੰਘੀਏ ? ੧ ।

ਹੇ ਪ੍ਰਭੂ ! ਹੇ ਠਾਕੁਰ ! ਹੇ ਸਾਡੇ ਪਿਤਾ ! ਹੇ ਸਾਡੇ ਮਾਲਕ ! ਹੇ ਹਰੀ ! ਸਾਨੂੰ (ਅਜੇਹੀ) ਸਮਝ ਬਖ਼ਸ਼ ਕਿ ਅਸੀ ਤੇਰੀ ਸਿਫ਼ਤਿ ਸਾਲਾਹ ਕਰਦੇ ਰਹੀਏ। ਹੇ ਪ੍ਰਭੂ ! ਜਿਵੇਂ ਕਾਠ ਨਾਲ ਲੱਗ ਕੇ ਲੋਹਾ (ਨਦੀ ਤੋਂ) ਪਾਰ ਲੰਘ ਜਾਂਦਾ ਹੈ, ਤਿਵੇਂ ਜੇਹੜੇ ਬੰਦੇ ਤੇਰੇ ਚਰਨਾਂ ਵਿਚ ਜੁੜਦੇ ਹਨ ਉਹ ਵਿਕਾਰਾਂ ਤੋਂ ਬਚ ਜਾਂਦੇ ਹਨ । ੨ ।

ਹੇ ਭਾਈ ! ਜਿਨ੍ਹਾਂ ਬੰਦਿਆਂ ਨੇ ਕਦੇ ਪਰਮਾਤਮਾ ਦੀ ਸੇਵਾ-ਭਗਤੀ ਨਹੀਂ ਕੀਤੀ, ਪਰਮਾਤਮਾ ਨਾਲੋਂ ਟੁੱਟੇ ਹੋਏ ਉਹਨਾਂ ਬੰਦਿਆਂ ਦੀ ਅਕਲ ਹੋਛੀ ਤੇ ਮਲੀਨ ਹੁੰਦੀ ਹੈ। ਉਹ ਮਨੁੱਖ ਬਦ-ਕਿਸਮਤ ਰਹਿ ਜਾਂਦੇ ਹਨ ਕਿਉਂਕਿ ਉਹ (ਪਵਿਤ੍ਰਤਾ ਦੇ ਸੋਮੇ ਪ੍ਰਭੂ ਤੋਂ ਵਿਛੁੜ ਕੇ) ਮੰਦ-ਕਰਮੀ ਹੋ ਜਾਂਦੇ ਹਨ। ਫਿਰ ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ । ੩ ।

ਹੇ ਮਾਲਕ-ਪ੍ਰਭੂ ! ਜਿਨ੍ਹਾਂ ਮਨੁੱਖਾਂ ਨੂੰ ਤੂੰ ਆਪਣੇ ਚਰਨਾਂ ਵਿਚ ਜੋੜਨਾ ਚਾਹੁੰਦਾ ਹੈਂ, ਉਹ ਸੰਤੋਖ ਦੇ ਸਰੋਵਰ ਗੁਰੂ ਵਿਚ ਇਸ਼ਨਾਨ ਕਰਦੇ ਰਹਿੰਦੇ ਹਨ(ਉਹ ਗੁਰੂ ਵਿਚ ਲੀਨ ਹੋ ਕੇ ਆਪਣਾ ਜੀਵਨ ਪਵਿਤ੍ਰ ਬਣਾ ਲੈਂਦੇ ਹਨ)। ਹੇ ਦਾਸ ਨਾਨਕ ! ਜੇਹੜੇ ਮਨੁੱਖ ਪਰਮਾਤਮਾ ਦਾ ਭਜਨ ਕਰਦੇ ਹਨ, (ਉਹਨਾਂ ਦੇ ਅੰਦਰੋਂ) ਖੋਟੀ ਮਤਿ ਦੀ ਮੈਲ ਦੂਰ ਹੋ ਜਾਂਦੀ ਹੈ, ਉਹ (ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਜਾਂਦੇ ਹਨ । ੪ ।

ਬਿਲਾਵਲੁ ਮਹਲਾ ੪ ॥ ਆਵਹੁ ਸੰਤ ਮਿਲਹੁ ਮੇਰੇ ਭਾਈ ਮਿਲਿ ਹਰਿ ਹਰਿ ਕਥਾ ਕਰਹੁ ॥ ਹਰਿ ਹਰਿ ਨਾਮੁ ਬੋਹਿਥੁ ਹੈ ਕਲਜੁਗਿ ਖੇਵਟੁ ਗੁਰ ਸਬਦਿ ਤਰਹੁ ॥੧॥ ਮੇਰੇ ਮਨ ਹਰਿ ਗੁਣ ਹਰਿ ਉਚਰਹੁ ॥ ਮਸਤਕਿ ਲਿਖਤ ਲਿਖੇ ਗੁਨ ਗਾਏ ਮਿਲਿ ਸੰਗਤਿ ਪਾਰਿ ਪਰਹੁ ॥ ੧ ॥ ਰਹਾਉ ॥ ਕਾਇਆ ਨਗਰ ਮਹਿ ਰਾਮ ਰਸੁ ਊਤਮੁ ਕਿਉ ਪਾਈਐ ਉਪਦੇਸੁ ਜਨ

ਕਰਹੁ ॥ ਸਤਿਗੁਰੁ ਸੇਵਿ ਸਫਲ ਹਰਿ ਦਰਸਨੁ ਮਿਲਿ ਅੰਮ੍ਰਿਤੁ ਹਰਿ ਰਸੁ ਪੀਅਹੁ ॥੨॥ ਹਰਿ ਹਰਿ ਨਾਮੁ ਅੰਮ੍ਰਿਤੁ ਹਰਿ ਮੀਠਾ ਹਰਿ ਸੰਤਹੁ ਚਾਖਿ ਦਿਖਹੁ ॥ ਗੁਰਮਤਿ ਹਰਿ ਰਸੁ ਮੀਠਾ ਲਾਗਾ ਤਿਨ੍ ਬਿਸਰੇ ਸਭਿ ਬਿਖ ਰਸਹੁ ॥੩॥ ਰਾਮ ਨਾਮੁ ਰਸੁ ਰਾਮ ਰਸਾਇਣੁ ਹਰਿ ਸੇਵਹੁ ਸੰਤ ਜਨਹੁ ॥ ਚਾਰਿ ਪਦਾਰਥ ਚਾਰੇ ਪਾਏ ਗੁਰਮਤਿ ਨਾਨਕ ਹਰਿ ਭਜਹੁ ॥੪॥੪॥

[ਪੰਨਾ ੭੯੯]

ਪਦ ਅਰਥ :—ਸੰਤ—ਹੇ ਸੰਤ ਜਨੋ ! ਭਾਈ—ਹੇ ਭਰਾਵੋ ! ਮਿਲਿ—ਮਿਲ ਕੇ, ਰਲ ਕੇ। ਕਥਾ—ਸਿਫ਼ਤਿ ਸਾਲਾਹ ਦੀਆਂ ਗੱਲਾਂ। ਬੋਹਿਥੁ—ਜਹਾਜ਼। ਕਲਜੁਗਿ—ਕਲਜੁਗ ਵਿਚ, ਕਲਹ-ਭਰੇ ਸੰਸਾਰ ਵਿਚ [ਨੋਟ ! ਇਥੇ ਜੁਗਾਂ ਦੀ ਵੰਡ ਦਾ ਜ਼ਿਕਰ ਨਹੀਂ। ਕਲਜੁਗ ਦੇ ਜ਼ਮਾਨੇ ਵਿਚ ਆ ਕੇ ਸਾਧਾਰਨ ਤੌਰ ਤੇ ਆਪਣੇ ਸਮੇ ਦਾ ਜ਼ਿਕਰ ਕਰ ਰਹੇ ਹਨ। ਗੁਰੂ-ਆਸ਼ੇ ਅਨੁਸਾਰ ਕੋਈ ਇਕ ਜੁਗ ਕਿਸੇ ਦੂਸਰੇ ਜੁਗ ਨਾਲੋਂ ਵਧੀਆ ਜਾਂ ਘਟੀਆ ਨਹੀਂ ਹੈ]। ਖੇਵਟੁ—ਮਲਾਹ। ਸਬਦਿ—ਸ਼ਬਦ ਦੀ ਰਾਹੀਂ ।੧।

ਉਚਰਹੁ—ਉਚਾਰਨ ਕਰੋ। ਮਸਤਕਿ—ਮੱਥੇ ਉੱਤੇ। ਪਾਰਿ ਪਰਹੁ—ਪਾਰ ਲੰਘੋ ।੧। ਰਹਾਉ।

ਕਾਇਆ—ਸਰੀਰ। ਊਤਮੁ—ਸ੍ਰੇਸ਼ਟ, ਸਭ ਤੋਂ ਵਧੀਆ। ਜਨ—ਹੇ ਸੰਤ ਜਨੋ ! ਸੇਵਿ—ਸੇਵਾ ਕਰ ਕੇ, ਸਰਨ ਪੈ ਕੇ। ਸਫਲ—ਫਲ ਦੇਣ ਵਾਲਾ, ਆਤਮਕ ਜੀਵਨ-ਰੂਪ ਫਲ ਦੇਣ ਵਾਲਾ। ਮਿਲਿ—(ਗੁਰੂ ਨੂੰ) ਮਿਲ ਕੇ ।੨।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਚਾਖਿ—ਚੱਖ ਕੇ। ਦਿਖਹੁ—ਵੇਖ ਲਵੋ। ਤਿਨ੍—ਉਹਨਾਂ ਨੂੰ। ਸਭਿ ਬਿਖ ਰਸਹੁ—ਸਾਰੇ ਜ਼ਹਿਰ-ਰਸ, ਸਾਰੇ ਉਹ ਰਸ ਜੋ ਆਤਮਕ ਜੀਵਨ ਲਈ ਜ਼ਹਿਰ ਹਨ ।੩।

ਰਸਾਇਣੁ—[ਰਸ-ਅਯਨ] ਰਸਾਂ ਦਾ ਘਰ, ਸ੍ਰੇਸ਼ਟ ਰਸ। ਚਾਰੇ—ਚਾਰ ਹੀ। ਚਾਰਿ ਪਦਾਰਥ—(ਧਰਮ, ਅਰਥ, ਕਾਮ, ਮੋਖ)।

ਅਰਥ :—ਹੇ ਮੇਰੇ ਮਨ ! ਸਦਾ ਪਰਮਾਤਮਾ ਦੇ ਗੁਣ ਯਾਦ ਕਰਦਾ ਰਹੁ। ਜਿਸ ਮਨੁੱਖ ਦੇ ਮੱਥੇ ਉੱਤੇ ਲਿਖੇ ਚੰਗੇ ਭਾਗ ਜਾਗਦੇ ਹਨ ਉਹ ਪ੍ਰਭੂ ਦੇ ਗੁਣ ਗਾਂਦਾ ਹੈ। (ਹੇ ਮਨ ! ਤੂੰ ਭੀ) ਸਾਧ ਸੰਗਤਿ ਵਿਚ ਮਿਲ ਕੇ (ਗੁਣ ਗਾ ਅਤੇ ਸੰਸਾਰ-ਸਮੁੰਦਰ ਤੋਂ) ਪਾਰ ਲੰਘ ।੧। ਰਹਾਉ।

ਹੇ ਸੰਤ ਜਨੋ ! ਹੇ ਭਰਾਵੋ ! (ਸਾਧ-ਸੰਗਤਿ ਵਿਚ) ਇਕੱਠੇ ਰਲ ਬੈਠੋ, ਅਤੇ ਮਿਲ ਕੇ ਸਦਾ ਪ੍ਰਭੂ ਦੀ ਸਿਫ਼ਤਿ ਸਲਾਹ ਦੀਆਂ ਗੱਲਾਂ ਕਰੋ। ਇਸ ਕਲਹ-ਭਰੇ ਸੰਸਾਰ ਵਿਚ ਪਰਮਾਤਮਾ ਦਾ ਨਾਮ (ਮਾਨੋ) ਜਹਾਜ਼ ਹੈ, (ਗੁਰੂ ਇਸ ਜਹਾਜ਼ ਦਾ) ਮਲਾਹ (ਹੈ, ਤੁਸੀ)

ਗੁਰੂ ਦੇ ਸ਼ਬਦ ਵਿਚ ਜੁੜ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘੋ ।੧।

(ਸ਼ਹਿਰਾਂ ਵਿਚ ਖਾਣ ਪੀਣ ਲਈ ਕਈ ਕਿਸਮਾਂ ਦੇ ਸੁਆਦਲੇ ਪਦਾਰਥ ਮਿਲਦੇ ਹਨ । ਮਨੁੱਖਾ) ਸਰੀਰ (ਭੀ, ਮਾਨੋ, ਇਕ ਸ਼ਹਿਰ ਹੈ, ਇਸ) ਸ਼ਹਰ ਵਿਚ ਪਰਮਾਤਮਾ ਦਾ ਨਾਮ (ਸਭ ਪਦਾਰਥਾਂ ਨਾਲੋਂ) ਵਧੀਆ ਸੁਆਦਲਾ ਪਦਾਰਥ ਹੈ । (ਪਰ) ਹੇ ਸੰਤ ਜਨੋ ! (ਮੈਨੂੰ) ਸਮਝਾਓ ਕਿ ਇਹ ਕਿਵੇਂ ਹਾਸਲ ਹੋਵੇ । (ਸੰਤ ਜਨ ਇਹੀ ਦੱਸਦੇ ਹਨ ਕਿ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ (ਆਤਮਕ ਜੀਵਨ-) ਫਲ ਦੇਣ ਵਾਲਾ ਦਰ-ਸਨ ਕਰੋ, ਗੁਰੂ ਨੂੰ ਮਿਲ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਰਹੋ ।੨।

ਹੇ ਸੰਤ ਜਨੋ ! ਬੇ-ਸ਼ੱਕ ਚੱਖ ਕੇ ਵੇਖ ਲਵੋ, ਪਰਮਾਤਮਾ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਮਿੱਠਾ ਜਲ ਹੈ। ਗੁਰੂ ਦੀ ਸਿੱਖਿਆ ਉੱਤੇ ਤੁਰ ਕੇ ਜਿਨ੍ਹਾਂ ਮਨੁੱਖਾਂ ਨੂੰ ਇਹ ਨਾਮ-ਰਸ ਸੁਆਦਲਾ ਲੱਗਦਾ ਹੈ, ਆਤਮਕ ਜੀਵਨ ਨੂੰ ਮਾਰ ਮੁਕਾਣ ਵਾਲੇ ਹੋਰ ਸਾਰੇ ਰਸ ਉਹਨਾਂ ਨੂੰ ਭੁੱਲ ਜਾਂਦੇ ਹਨ ।੩ ।

ਹੇ ਸੰਤ ਜਨੋ ! ਪਰਮਾਤਮਾ ਦਾ ਨਾਮ ਸੁਆਦਲਾ ਪਦਾਰਥ ਹੈ, ਰਸੈਣ ਹੈ, ਸਦਾ ਇਸ ਦਾ ਸੇਵਨ ਕਰਦੇ ਰਹੋ (ਸਦਾ ਇਸ ਨੂੰ ਵਰਤਦੇ ਰਹੋ) । ਹੇ ਨਾਨਕ ! (ਜਗਤ ਵਿਚ ਕੁੱਲ) ਚਾਰ ਪਦਾਰਥ (ਗਿਣੇ ਗਏ ਹਨ, ਨਾਮ-ਰਸੈਣ ਦੀ ਬਰਕਤਿ ਨਾਲ ਇਹ) ਚਾਰੇ ਹੀ ਮਿਲ ਜਾਂਦੇ ਹਨ । (ਇਸ ਵਾਸਤੇ) ਗੁਰੂ ਦੀ ਮਤਿ ਲੈ ਕੇ ਸਦਾ ਹਰਿ-ਨਾਮ ਦਾ ਭਜਨ ਕਰਦੇ ਰਹੋ ।੪।੪।

ਬਿਲਾਵਲੁ ਮਹਲਾ ੪ ।। ਖਤ੍ਰੀ ਬ੍ਰਾਹਮਣੁ ਸੂਦੁ ਵੈਸੁ ਕੋ ਜਾਪੈ ਹਰਿ ਮੰਤ੍ਰੁ ਜਪੈਨੀ।।ਗੁਰੁ ਸਤਿਗੁਰੁ ਪਾਰਬ੍ਰਹਮੁ ਕਰਿ ਪੂਜਹੁ ਨਿਤ ਸੇਵਹੁ ਦਿਨਸੁ ਸਭ ਰੈਨੀ ।।੧।। ਹਰਿਜਨ ਦੇਖਹੁ ਸਤਿਗੁਰੁ ਨੈਨੀ ।। ਜੋ ਇਛਹੁ ਸੋਈ ਫਲੁ ਪਾਵਹੁ ਹਰਿ ਬੋਲਹੁ ਗੁਰਮਤਿ ਬੈਨੀ ।।੧।। ਰਹਾਉ ।। ਅਨਿਕ ਉਪਾਵ ਚਿਤਵੀਅਹਿ ਬਹੁਤੇਰੇ ਸਾ ਹੋਵੈ ਜਿ ਬਾਤ ਹੋਵੈਨੀ ।। ਅਪਨਾ ਭਲਾ ਸਭੁ ਕੋਈ ਬਾਛੈ ਸੋ ਕਰੇ ਜਿ ਮੇਰੈ ਚਿਤਿ ਨ ਚਿਤੈਨੀ ।।੨।। ਮਨ ਕੀ ਮਤਿ ਤਿਆਗਹੁ ਹਰਿ ਜਨ ਏਹਾ ਬਾਤ ਕਠੈਨੀ ।। ਅਨਦਿਨੁ ਹਰਿ ਹਰਿ ਨਾਮੁ ਧਿਆਵਹੁ ਗੁਰ ਸਤਿਗੁਰ ਕੀ ਮਤਿ ਲੈਨੀ ।।੩।। ਮਤਿ ਸੁਮਤਿ ਤੇਰੈ ਵਸਿ ਸੁਆਮੀ ਹਮ ਜੰਤ ਤੂ ਪੁਰਖੁ ਜੰਤੈਨੀ ।।ਜਨ ਨਾਨਕ ਕੇ ਪ੍ਰਭ ਕਰਤੇ ਸੁਆਮੀ ਜਿਉ ਭਾਵੈ ਤਿਵੈ ਬੁਲੈਨੀ ।।੪।।੫।। [ਪੰਨਾ ੮੦੦]

ਪਦ ਅਰਥ :—ਸੂਦੁ—ਸ਼ੂਦਰ । ਵੈਸ—ਵੈਸ਼ । ਕੋ—ਹਰ ਕੋਈ । ਜਾਪੈ—ਜਪ ਸਕਦਾ ਹੈ । ਜਪੈਨੀ—ਜਪਣ-ਜੋਗ । ਕਰਿ—ਕਰ ਕੇ, (ਦਾ ਰੂਪ) ਜਾਣ ਕੇ । ਪੂਜਹੁ—ਸੇਵਾ ਕਰੋ,

ਸਰਨ ਪਵੋ । ਰੈਨੀ–ਰਾਤ । ੧ ।

ਹਰਿ ਜਨ–ਹੇ ਹਰੀ ਦੇ ਸੇਵਕੋ ! ਨੈਨੀ–ਨੈਨੀਂ, ਅੱਖਾਂ ਨਾਲ, ਅੱਖਾਂ ਖੋਲ੍ਹ ਕੇ । ਬੈਨੀ–ਬਚਨ, ਬੋਲ । ਹਰਿ ਬੈਨੀ–ਹਰੀ ਦੀ ਸਿਫ਼ਤਿ ਸਾਲਾਹ ਦੇ ਬੋਲ । ੧ । ਰਹਾਉ ।

ਉਪਾਵ–[ਲਫ਼ਜ਼ 'ਉਪਾਉ' ਤੋਂ ਬਹੁ ਵਚਨ] ਢੰਗ, ਤਦਬੀਰ । ਚਿਤਵੀਅਹਿ–[ਕਰਮ ਵਾਚ, ਵਰਤਮਾਨ ਕਾਲ, ਅੱਨ ਪੁਰਖ, ਬਹੁ ਵਚਨ] ਚਿਤਵੇ ਜਾਂਦੇ ਹਨ । ਸਾ–ਉਹੀ । ਜਿ–ਜੇਹੜੀ । ਹੋਵੈਨੀ–(ਪ੍ਰਭੂ ਦੇ ਹੁਕਮ ਵਿਚ) ਹੋਣੀ ਹੈ । ਸਭੁ ਕੋਈ–ਹਰੇਕ ਜੀਵ । ਬਾਛੈ–ਚਾਹੁੰਦਾ ਹੈ, ਲੋੜਦਾ ਹੈ । ਸੋ–ਉਹ (ਕੰਮ) । ਜਿ–ਜੇਹੜਾ । ਮੇਰੈ ਚਿਤਿ–ਮੇਰੇ ਚਿਤ ਵਿਚ । ਮੇਰੈ ਚਿਤਿ ਨ ਚਿਤੈਨੀ–ਨਾਂਹ ਮੇਰੇ ਚਿੱਤ ਵਿਚ ਨਾਂਹ ਮੇਰੇ ਚੇਤੇ ਵਿਚ, ਮੇਰੇ ਚਿੱਤ ਨ ਚੇਤੇ । ੨ ।

ਤਿਆਗਹੁ–ਛੱਡੋ । ਹਰਿ ਜਨ–ਹੇ ਹਰਿ-ਜਨੋ ! ਕਣੈਨੀ–ਕਠਨ, ਔਖੀ । ਅਨਦਿਨੁ–[ਅਨੁਦਿਨੰ] ਹਰ ਰੋਜ਼ । ਲੈਨੀ–ਲੈ ਕੇ । ੩ ।

ਸੁਮਤਿ–ਚੰਗੀ ਅਕਲ । ਵਸਿ–ਵੱਸ ਵਿਚ । ਸੁਆਮੀ–ਹੇ ਸੁਆਮੀ ! ਹੇ ਮਾਲਕ! ਜੰਤ–ਵਾਜੇ । ਪੁਰਖੁ–ਸਰਬ-ਵਿਆਪਕ ਮਾਲਕ । ਜੰਤੈਨੀ–ਵਾਜੇ ਵਜਾਣ ਵਾਲਾ । ਕਰਤੇ–ਹੇ ਕਰਤਾਰ ! ਜਿਉ ਭਾਵੈ–ਜਿਵੇਂ ਤੈਨੂੰ ਚੰਗਾ ਲੱਗਦਾ ਹੈ । ਬੁਲੈਨੀ–(ਤੂੰ) ਬੁਲਾਂਦਾ ਹੈਂ । ੪ ।

ਅਰਥ :–ਹੇ ਪ੍ਰਭੂ ਦੇ ਸੇਵਕ-ਜਨੋ ! ਗੁਰੂ ਨੂੰ ਅੱਖਾਂ ਖੋਲ੍ਹ ਕੇ ਵੇਖੋ (ਗੁਰੂ ਪਾਰ-ਬ੍ਰਹਮ ਦਾ ਰੂਪ ਹੈ)। ਗੁਰੂ ਦੀ ਦਿੱਤੀ ਮਤਿ ਉਤੇ ਤੁਰ ਕੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਬਚਨ ਬੋਲੋ, ਜੇਹੜੀ ਇੱਛਾ ਕਰੋਗੇ ਉਹੀ ਫਲ ਪ੍ਰਾਪਤ ਕਰ ਲਵੋਗੇ । ੧ । ਰਹਾਉ ।

ਕੋਈ ਖਤ੍ਰੀ ਹੋਵੇ, ਚਾਹੇ ਬ੍ਰਾਹਮਣ ਹੋਵੇ, ਕੋਈ ਸ਼ੂਦਰ ਹੋਵੇ ਚਾਹੇ ਵੈਸ਼ ਹੋਵੇ, ਹਰੇਕ (ਸ੍ਰੇਣੀ ਦਾ) ਮਨੁੱਖ ਪ੍ਰਭੂ ਦਾ ਨਾਮ-ਮੰਤ੍ਰ ਜਪ ਸਕਦਾ ਹੈ (ਇਹ ਸਭਨਾਂ ਵਾਸਤੇ) ਜਪਣ-ਜੋਗ ਹੈ । ਹੇ ਹਰੀ-ਜਨੋ ! ਗੁਰੂ ਨੂੰ ਪਰਮਾਤਮਾ ਦਾ ਰੂਪ ਜਾਣ ਕੇ ਗੁਰੂ ਦੀ ਸਰਨ ਪਵੋ । ਦਿਨ ਰਾਤ ਹਰ ਵੇਲੇ ਗੁਰੂ ਦੀ ਸਰਨ ਪਏ ਰਹੋ । ੧ ।

(ਗੁਰੂ ਪਰਮੇਸਰ ਦਾ ਆਸਰਾ-ਪਰਨਾ ਭੁਲਾ ਕੇ ਆਪਣੀ ਭਲਾਈ ਦੇ) ਅਨੇਕਾਂ ਤੇ ਬਥੇਰੇ ਢੰਗ ਸੋਚੀਦੇ ਹਨ, ਪਰ ਉਹੀ ਗੱਲ ਹੁੰਦੀ ਹੈ ਜੋ (ਰਜ਼ਾ ਅਨੁਸਾਰ) ਜ਼ਰੂਰ ਹੋਣੀ ਹੁੰਦੀ ਹੈ । ਹਰੇਕ ਜੀਵ ਆਪਣਾ ਭਲਾ ਲੋੜਦਾ ਹੈ, ਪਰ ਪ੍ਰਭੂ ਉਹ ਕੰਮ ਕਰ ਦੇਂਦਾ ਹੈ ਜੋ ਮੇਰੇ (ਤੁਹਾਡੇ) ਚਿੱਤ ਚੇਤੇ ਭੀ ਨਹੀਂ ਹੁੰਦਾ । ੨ ।

ਹੇ ਸੰਤ ਜਨੋ ! ਆਪਣੇ ਮਨ ਦੀ ਮਰਜ਼ੀ (ਉਤੇ ਤੁਰਨਾ) ਛੱਡ ਦਿਉ (ਗੁਰੂ ਦੇ ਹੁਕਮ ਵਿਚ ਤੁਰੋ), ਪਰ ਇਹ ਗੱਲ ਹੈ ਬੜੀ ਹੀ ਔਖੀ । (ਫਿਰ ਭੀ) ਗੁਰੂ ਪਾਤਿਸ਼ਾਹ ਦੀ ਮਤਿ ਲੈ ਕੇ ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰੋ । ੩ ।

ਹੇ ਮਾਲਕ-ਪ੍ਰਭੂ ! ਚੰਗੀ ਮੰਦੀ ਮਤਿ ਤੇਰੇ ਆਪਣੇ ਵੱਸ ਵਿਚ ਹੈ (ਤੇਰੀ ਪ੍ਰੇਰਨਾ ਅਨੁਸਾਰ ਹੀ ਕੋਈ ਜੀਵ ਚੰਗੇ ਰਾਹ ਤੁਰਦਾ ਹੈ ਕੋਈ ਮੰਦੇ ਪਾਸੇ), ਅਸੀ ਤੇਰੇ ਵਾਜੇ ਹਾਂ, ਤੂੰ ਸਾਨੂੰ ਵਜਾਣ ਵਾਲਾ ਸਭ ਵਿਚ ਵੱਸਣ ਵਾਲਾ ਪ੍ਰਭੂ ਹੈਂ । ਹੇ ਦਾਸ ਨਾਨਕ ਦੇ ਮਾਲਕ ਪ੍ਰਭੂ ਕਰਤਾਰ ! ਜਿਵੇਂ ਤੈਨੂੰ ਚੰਗਾ ਲੱਗਦਾ ਹੈ ਤਿਵੇਂ ਤੂੰ ਸਾਨੂੰ ਬੁਲਾਂਦਾ ਹੈ (ਸਾਡੇ ਮੂੰਹੋਂ ਬੋਲ ਕਢਾਂਦਾ ਹੈਂ) । ੪ । ੫ ।

ਬਿਲਾਵਲੁ ਮਹਲਾ ੪ ॥ ਅਨਦ ਮੂਲੁ ਧਿਆਇਓ ਪੁਰਖੋਤਮੁ ਅਨਦਿਨੁ ਅਨਦ ਅਨੰਦੇ ॥ ਧਰਮਰਾਇ ਕੀ ਕਾਣਿ ਚੁਕਾਈ ਸਭਿ ਚੂਕੇ ਜਮ ਕੇ ਛੰਦੇ ॥ ੧ ॥ ਜਪਿ ਮਨ ਹਰਿ ਹਰਿ ਨਾਮੁ ਗੁਬਿੰਦੇ ॥ ਵਡਭਾਗੀ ਗੁਰੁ ਸਤਿਗੁਰੁ ਪਾਇਆ ਗੁਣ ਗਾਏ ਪਰਮਾਨੰਦੇ ॥ ੧ ॥ ਰਹਾਉ ॥ ਸਾਕਤ ਮੂੜ ਮਾਇਆ ਕੇ ਬਧਿਕ ਵਿਚਿ ਮਾਇਆ ਫਿਰਹਿ ਫਿਰੰਦੇ ॥ ਤ੍ਰਿਸਨਾ ਜਲਤ ਕਿਰਤ ਕੇ ਬਾਧੇ ਜਿਉ ਤੇਲੀ ਬਲਦ ਭਵੰਦੇ ॥ ੨ ॥ ਗੁਰਮੁਖਿ ਸੇਵ ਲਗੇ ਸੇ ਉਧਰੇ ਵਡਭਾਗੀ ਸੇਵ ਕਰੰਦੇ ॥ ਜਿਨ੍ ਹਰਿ ਜਪਿਆ ਤਿਨ ਫਲੁ ਪਾਇਆ ਸਭਿ ਤੂਟੇ ਮਾਇਆ ਫੰਦੇ ॥ ੩ ॥ ਆਪੇ ਠਾਕੁਰੁ ਆਪੇ ਸੇਵਕੁ ਸਭੁ ਆਪੇ ਆਪਿ ਗੋਵਿੰਦੇ ॥ ਜਨ ਨਾਨਕ ਆਪੇ ਆਪਿ ਸਭੁ ਵਰਤੈ ਜਿਉ ਰਾਖੈ ਤਿਵੈ ਰਹੰਦੇ ॥੪॥੬॥ [ਪੰਨਾ ੮੦੦]

ਪਦ ਅਰਥ :–ਅਨਦ ਮੂਲੁ–ਆਨੰਦ ਦਾ ਸੋਮਾ । ਪੁਰਖੋਤਮੁ–ਉੱਤਮ ਪੁਰਖ । ਅਨਦਿਨੁ–ਹਰ ਰੋਜ਼, ਹਰ ਵੇਲੇ । ਅਨੰਦੇ–ਆਨੰਦ ਵਿਚ ਹੀ । ਕਾਣਿ–ਮੁਥਾਜੀ, ਧੌਂਸ, ਡਰ । ਸਭਿ–ਸਾਰੇ । ਚੂਕੇ–ਮੁੱਕ ਗਏ । ਛੰਦੇ–ਖ਼ੁਸ਼ਾਮਦਾਂ, ਮੁਲਾਹਜ਼ੇ । ੧ ।

ਮਨ–ਹੇ ਮਨ ! ਗੁਬਿੰਦੇ–[ਅੱਖਰ 'ਗ' ਦੇ ਨਾਲ ਦੋ ਲਗਾਂ ਹਨ–ੋ ਅਤੇ ੁ । ਅਸਲ ਲਫ਼ਜ਼ 'ਗੋਬਿੰਦੇ' ਹੈ, ਇਥੇ 'ਗੁਬਿੰਦੇ' ਪੜ੍ਹਨਾ ਹੈ]। ਪਰਮਾਨੰਦੇ–ਸਭ ਤੋਂ ਉੱਚੇ ਆਨੰਦ ਦੇ ਮਾਲਕ-ਪ੍ਰਭੂ ਦੇ । ੧ । ਰਹਾਉ ।

ਸਾਕਤ–ਪਰਮਾਤਮਾ ਨਾਲੋਂ ਟੁੱਟੇ ਹੋਏ । ਮੂੜ–ਮੂਰਖ । ਬਧਿਕ–ਬੱਝੇ ਹੋਏ । ਫਿਰਹਿ–ਫਿਰਦੇ ਹਨ । ਤ੍ਰਿਸਨਾ–ਲਾਲਚ (ਦੀ ਅੱਗ) । ਕਿਰਤ–ਪਿਛਲੇ ਕੀਤੇ ਕਰਮ । ਕੇ–ਦੇ । ੨ ।

ਗੁਰਮੁਖਿ–ਗੁਰੂ ਦੀ ਸਰਨ ਪੈ ਕੇ । ਸੇ–ਉਹ ਬੰਦੇ [ਬਹੁ ਵਚਨ] । ਉਧਰੇ–(ਤ੍ਰਿਸ਼ਨਾ ਦੀ ਅੱਗ ਵਿਚ ਸੜਨ ਤੋਂ) ਬਚ ਜਾਂਦੇ ਹਨ । ਸੇਵ–ਸੇਵਾ-ਭਗਤੀ । ਸਭਿ ਫੰਦੇ –ਸਾਰੀਆਂ ਫਾਹੀਆਂ । ੩ ।

ਆਪੇ–ਆਪ ਹੀ । ਸਭੁ–ਹਰ ਥਾਂ । ਵਰਤੈ–ਮੌਜੂਦ ਹੈ । ੪ ।

ਅਰਥ :–ਹੇ (ਮੇਰੇ) ਮਨ ! ਹਰੀ ਗੋਬਿੰਦ ਦਾ ਨਾਮ ਸਦਾ ਜਪਿਆ ਕਰ। ਜਿਸ ਵਡੇ ਭਾਗਾਂ ਵਾਲੇ ਮਨੁੱਖ ਨੂੰ ਗੁਰੂ ਮਿਲ ਪਿਆ, ਉਹ ਸਭ ਤੋਂ ਉੱਚੇ ਆਨੰਦ ਦੇ ਮਾਲਕ-ਪ੍ਰਭੂ ਦੇ ਗੁਣ ਗਾਂਦਾ ਹੈ (ਸੋ, ਹੇ ਮਨ ! ਗੁਰੂ ਦੀ ਸਰਨ ਪਉ)।੧। ਰਹਾਉ।

ਹੇ ਮਨ ! ਜਿਸ ਮਨੁੱਖ ਨੇ ਆਨੰਦ ਦੇ ਸੋਮੇ ਉੱਤਮ ਪੁਰਖ ਪ੍ਰਭੂ ਦਾ ਨਾਮ ਸਿਮਰਿਆ, ਉਹ ਹਰ ਵੇਲੇ ਆਨੰਦ ਹੀ ਆਨੰਦ ਵਿਚ ਲੀਨ ਰਹਿੰਦਾ ਹੈ, ਉਸ ਨੂੰ ਧਰਮਰਾਜ ਦੀ ਮੁਥਾਜੀ ਨਹੀਂ ਰਹਿੰਦੀ, ਉਹ ਮਨੁੱਖ ਜਮਰਾਜ ਦੇ ਭੀ ਸਾਰੇ ਡਰ ਮੁਕਾ ਦੇਂਦਾ ਹੈ।੧।

ਹੇ ਮਨ ! ਪਰਮਾਤਮਾ ਨਾਲੋਂ ਟੁੱਟੇ ਹੋਏ ਮੂਰਖ ਮਨੁੱਖ ਮਾਇਆ (ਦੇ ਮੋਹ) ਵਿਚ ਬੱਝੇ ਰਹਿੰਦੇ ਹਨ, ਅਤੇ ਮਾਇਆ ਦੀ ਖ਼ਾਤਰ ਹੀ ਸਦਾ ਭਟਕਦੇ ਰਹਿੰਦੇ ਹਨ। ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਦੇ ਬੱਝੇ ਹੋਏ ਉਹ ਮਨੁੱਖ ਤ੍ਰਿਸ਼ਨਾ (ਦੀ ਅੱਗ) ਵਿਚ ਸੜਦੇ ਰਹਿੰਦੇ ਹਨ ਅਤੇ (ਜਨਮ ਮਰਨ ਦੇ ਗੇੜ ਵਿਚ) ਭੌਂਦੇ ਰਹਿੰਦੇ ਹਨ ਜਿਵੇਂ ਤੇਲੀਆਂ ਦੇ ਬਦਲ ਕੋਹਲੂ ਦੁਆਲੇ ਸਦਾ ਭੌਂਦੇ ਹਨ।੨।

ਹੇ ਮਨ ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੀ ਸੇਵਾ-ਭਗਤੀ ਵਿਚ ਲੱਗ ਪਏ, ਉਹ (ਤ੍ਰਿਸ਼ਨਾ ਦੀ ਅੱਗ ਵਿਚ ਸੜਨ ਤੋਂ) ਬਚ ਗਏ। (ਪਰ, ਹੇ ਮਨ !) ਵੱਡੇ ਭਾਗਾਂ ਵਾਲੇ ਮਨੁੱਖ ਹੀ ਸੇਵਾ-ਭਗਤੀ ਕਰਦੇ ਹਨ। ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਜਪਿਆ, ਉਹਨਾਂ ਨੇ (ਤ੍ਰਿਸ਼ਨਾ-ਅੱਗ ਵਿਚ ਸੜਨ ਤੋਂ ਬਚਣ ਦਾ) ਬਲ ਪ੍ਰਾਪਤ ਕਰ ਲਿਆ। ਉਹਨਾਂ ਦੀਆਂ ਮਾਇਆ ਦੀਆਂ ਸਾਰੀਆਂ ਹੀ ਫਾਹੀਆਂ ਟੁੱਟ ਜਾਂਦੀਆਂ ਹਨ।੩।

(ਪਰ ਹੇ ਮਨ !) ਪ੍ਰਭੂ ਆਪ ਹੀ (ਜੀਵਾਂ ਦਾ) ਮਾਲਕ ਹੈ (ਸਭ ਵਿਚ ਵਿਆਪਕ ਹੋ ਕੇ) ਆਪ ਹੀ (ਆਪਣੀ) ਸੇਵਾ-ਭਗਤੀ ਕਰਨ ਵਾਲਾ ਹੈ, ਹਰ ਥਾਂ ਗੋਬਿੰਦ-ਪ੍ਰਭੂ ਆਪ ਹੀ ਆਪ ਮੌਜੂਦ ਹੈ। ਹੇ ਦਾਸ ਨਾਨਕ ! ਹਰ ਥਾਂ ਪ੍ਰਭੂ ਆਪ ਹੀ ਆਪ ਵੱਸ ਰਿਹਾ ਹੈ। ਜਿਵੇਂ ਉਹ (ਜੀਵਾਂ ਨੂੰ) ਰੱਖਦਾ ਹੈ ਉਸੇ ਤਰ੍ਹਾਂ ਹੀ ਜੀਵ ਜੀਵਨ ਨਿਰਬਾਹ ਕਰਦੇ ਹਨ (ਕੋਈ ਉਸ ਦਾ ਸਿਮਰਨ ਕਰਦੇ ਹਨ, ਕੋਈ ਮਾਇਆ ਵਿਚ ਭਟਕਦੇ ਹਨ) ।੪।੬।

ੴ ਸਤਿਗੁਰ ਪ੍ਰਸਾਦਿ ॥

ਰਾਗੁ ਬਿਲਾਵਲੁ ਮਹਲਾ ੪ ਪੜਤਾਲ ਘਰੁ ੧੩ ॥ ਬੋਲਹੁ ਭਈਆ ਰਾਮਨਾਮੁ ਪਤਿਤ ਪਾਵਨੋ ॥ ਹਰਿ ਸੰਤ ਭਗਤ ਤਾਰਨੋ ॥ ਹਰਿ ਭਰਿਪੁਰੇ ਰਹਿਆ ॥ ਜਲਿ ਥਲੇ ਰਾਮਨਾਮੁ ॥ ਨਿਤ ਗਾਈਐ ਹਰਿ ਦੂਖ ਬਿਸਾਰਨੋ॥

੧ ॥ ਰਹਾਉ ॥ ਹਰਿ ਕੀਆ ਹੈ ਸਫਲ ਜਨਮੁ ਹਮਾਰਾ ॥ ਹਰਿ ਜਪਿਆ ਹਰਿ ਦੂਖ ਬਿਸਾਰਨਹਾਰਾ ॥ ਗੁਰੁ ਭੇਟਿਆ ਹੈ ਮੁਕਤਿ ਦਾਤਾ ॥ ਹਰਿ ਕੀਈ ਹਮਾਰੀ ਸਫਲ ਜਾਤਾ ॥ ਮਿਲਿ ਸੰਗਤੀ ਗੁਨ ਗਾਵਨੋ ॥ ੧ ॥ ਮਨ ਰਾਮਨਾਮ ਕਰਿ ਆਸਾ ॥ ਭਾਉ ਦੂਜਾ ਬਿਨਸਿ ਬਿਨਾਸਾ ॥ ਵਿਚਿ ਆਸਾ ਹੋਇ ਨਿਰਾਸੀ ॥ ਸੋ ਜਨੁ ਮਿਲਿਆ ਹਰਿ ਪਾਸੀ ॥ ਕੋਈ ਰਾਮਨਾਮ ਗੁਨ ਗਾਵਨੋ ॥ ਜਨੁ ਨਾਨਕੁ ਤਿਸੁ ਪਗਿ ਲਾਵਨੋ ॥ ੨ ॥ ੧॥ ੧੭ ॥ ੧੭ ॥ [ਪੰਨਾ ੮੦੦]

ਪੜਤਾਲ-[ਪਟਹੁਤਾਲ । ਪਟਹੁ-ਪਟਹ, ਢੋਲ] ਉਸ ਤਰ੍ਹਾਂ ਦਾ ਭਰਵਾਂ ਤਾਲ ਜਿਵੇਂ ਢੋਲ ਉਤੇ ਭਰੀ ਨਾਲ ਚੋਟ ਲਾਈਦੀ ਹੈ ।

ਪਦ ਅਰਥ :-ਭਈਆ-ਹੇ ਭਾਈ ! ਪਤਿਤ-ਵਿਕਾਰਾਂ ਵਿਚ ਡਿੱਗੇ ਹੋਏ, ਵਿਕਾਰੀ । ਪਾਵਨੋ-ਪਵਿੱਤਰ ਕਰਨ ਵਾਲਾ । ਤਾਰਨੋ-ਪਾਰ ਲੰਘਾਣ ਵਾਲਾ । ਭਰਿਪੁਰੇ-ਭਰਪੂਰ, ਨਕਾਨਕ, ਹਰ ਥਾਂ ਮੌਜੂਦ । ਜਲਿ-ਜਲ ਵਿਚ । ਥਲੇ-ਥਲਿ, ਥਲ ਵਿਚ । ਦੂਖ ਬਿਸਾਰਨੋ-ਦੁੱਖਾਂ ਦਾ ਦੂਰ ਕਰਨ ਵਾਲਾ । ੧ । ਰਹਾਉ ।

ਸਫਲ-ਕਾਮਯਾਬ । ਭੇਟਿਆ-ਮਿਲਿਆ । ਮੁਕਤਿ ਦਾਤਾ-(ਵਿਕਾਰਾਂ ਤੋਂ) ਆਜ਼ਾਦੀ ਦੇਣ ਵਾਲਾ । ਕੀਈ-ਕੀਤੀ ਹੈ । ਜਾਤਾ-ਜਾਤ੍ਰਾ, ਸੰਸਾਰ-ਜਾਤ੍ਰਾ, ਸੰਸਾਰ ਵਿਚ ਆਉਣਾ । ਮਿਲਿ-ਮਿਲ ਕੇ । ੧ ।

ਮਨ-ਹੇ ਮਨ ! ਭਾਉ-ਪਿਆਰ । ਭਾਉ ਦੂਜਾ-ਮਾਇਆ ਦਾ ਮੋਹ । ਸੋ ਜਨੁ-ਉਹ ਮਨੁੱਖ । ਪਾਸੀ-ਪਾਸਿ, ਨੇੜੇ, ਨਾਲ । ਤਿਸੁ ਪਗਿ-ਉਸ (ਮਨੁੱਖ) ਦੇ ਪੈਰ ਵਿਚ । ੨ ।

ਅਰਥ :-ਹੇ ਭਾਈ ! ਉਸ ਪਰਮਾਤਮਾ ਦਾ ਨਾਮ ਸਿਮਰਿਆ ਕਰ, ਜੋ ਵਿਕਾਰੀਆਂ ਨੂੰ ਪਵਿੱਤਰ ਬਣਾਣ ਵਾਲਾ ਹੈ, ਜੋ ਆਪਣੇ ਸੰਤਾਂ ਨੂੰ ਆਪਣੇ ਭਗਤਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਵਾਲਾ ਹੈ, ਜੋ (ਸਾਰੇ ਜਗਤ ਵਿਚ) ਹਰ ਥਾਂ ਮੌਜੂਦ ਹੈ । ਹੇ ਭਾਈ ! ਉਸ ਹਰੀ ਦੀ ਸਿਫ਼ਤਿ ਸਾਲਾਹ ਦਾ ਗੀਤ ਸਦਾ ਗਾਣਾ ਚਾਹੀਦਾ ਹੈ, ਜੋ ਪਾਣੀ ਵਿਚ ਹੈ, ਜੋ ਧਰਤੀ ਵਿਚ ਹੈ, ਜੋ (ਜੀਵਾਂ ਦੇ) ਸਾਰੇ ਦੁੱਖ ਦੂਰ ਕਰਨ ਵਾਲਾ ਹੈ । ੧ । ਰਹਾਉ ।

(ਹੇ ਭਾਈ !) ਪਰਮਾਤਮਾ ਨੇ ਮੇਰੀ ਜ਼ਿੰਦਗੀ ਕਾਮਯਾਬ ਬਣਾ ਦਿੱਤੀ ਹੈ, (ਕਿਉਂਕਿ ਗੁਰੂ ਦੀ ਕਿਰਪਾ ਨਾਲ) ਮੈਂ ਉਸ ਪਰਮਾਤਮਾ ਦਾ ਨਾਮ ਜਪਣ ਲੱਗ ਪਿਆ ਹਾਂ, ਜੋ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ । (ਹੇ ਭਾਈ !) ਵਿਕਾਰਾਂ ਤੋਂ ਖਲਾਸੀ

ਦਿਵਾਣ ਵਾਲਾ ਗੁਰੂ ਮੈਨੂੰ ਮਿਲ ਪਿਆ, (ਇਸ ਕਰਕੇ) ਪਰਮਾਤਮਾ ਨੇ ਮੇਰੀ ਜੀਵਨ-ਜਾਤ੍ਰਾ ਕਾਮਯਾਬ ਕਰ ਦਿੱਤੀ ਹੈ। (ਹੁਣ) ਮੈਂ ਸਾਧ ਸੰਗਤਿ ਵਿਚ ਮਿਲ ਕੇ ਪ੍ਰਭੂ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਹਾਂ। ੧।

ਹੇ (ਮੇਰੇ) ਮਨ! ਪਰਮਾਤਮਾ ਦੇ ਨਾਮ ਉਤੇ ਹੀ ਡੋਰੀ ਰੱਖ, ਪਰਮਾਤਮਾ ਦਾ ਨਾਮ ਮਾਇਆ ਦੇ ਮੋਹ ਨੂੰ ਪੂਰਨ ਤੌਰ ਤੇ (ਅੰਦਰੋਂ) ਮੁਕਾ ਦੇਂਦਾ ਹੈ। (ਹੇ ਭਾਈ!) ਜੇਹੜਾ ਮਨੁੱਖ ਦੁਨੀਆ ਦੇ ਕੰਮ-ਕਾਰ ਵਿਚ ਰਹਿੰਦਾ ਹੋਇਆ ਮਾਇਆ ਦੇ ਮੋਹ ਤੋਂ ਨਿਰਲੇਪ ਰਹਿੰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਚਰਨਾਂ ਵਿਚ ਮਿਲਿਆ ਰਹਿੰਦਾ ਹੈ। (ਹੇ ਭਾਈ!) ਜੇਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ, ਦਾਸ ਨਾਨਕ ਉਸ ਦੇ ਪੈਰੀਂ ਲੱਗਦਾ ਹੈ। ੨। ੧। ੭। ੧੭।

ਨੋਟ–ਅੰਕ ੧––ਮ: ੪ ਦਾ ਘਰੁ ੧੩ ਦਾ ਇਕ ਸ਼ਬਦ
੭––ਮ: ੪ ਦੇ ਕੁੱਲ ਸੱਤ ਸ਼ਬਦ
੧੭––ਮ: ੧ ਦੇ ੪, ਮ: ੩ ਦੇ ੬ ਅਤੇ ਮ: ੪ ਦੇ ੭।

[ਕੁੱਲ ਜੋੜ––੧੭]

ਰਾਗੁ ਬਿਲਾਵਲੁ ਮਹਲਾ ੫ ਚਉਪਦੇ ਘਰੁ ੧

੧ ਓ ਸਤਿਗੁਰਪ੍ਰਸਾਦਿ ॥ ਨਦਰੀ ਆਵੈ ਤਿਸੁ ਸਿਉ ਮੋਹੁ ॥ ਕਿਉ ਮਿਲੀਐ ਪ੍ਰਭ ਅਬਿਨਾਸੀ ਤੋਹਿ ॥ ਕਰਿ ਕਿਰਪਾ ਮੋਹਿ ਮਾਰਗਿ ਪਾਵਹੁ ॥ ਸਾਧ ਸੰਗਤਿ ਕੈ ਅੰਚਲਿ ਲਾਵਹੁ ॥ ੧ ॥ ਕਿਉ ਤਰੀਐ ਬਿਖਿਆ ਸੰਸਾਰੁ ॥ ਸਤਿਗੁਰੁ ਬੋਹਿਥੁ ਪਾਵੈ ਪਾਰਿ ॥੧॥ ਰਹਾਉ ॥ ਪਵਨ ਝੁਲਾਰੇ ਮਾਇਆ ਦੇਇ ॥ ਹਰਿ ਕੇ ਭਗਤ ਸਦਾ ਥਿਰੁ ਸੇਇ ॥ ਹਰਖ ਸੋਗ ਤੇ ਰਹਹਿ ਨਿਰਾਰਾ॥ ਸਿਰ ਊਪਰਿ ਆਪਿ ਗੁਰੂ ਰਖਵਾਰਾ ॥ ੨ ॥ ਪਾਇਆ ਵੇੜੁ ਮਾਇਆ ਸਰਬ ਭੁਇਅੰਗਾ ॥ ਹਉਮੈ ਪਚੇ ਦੀਪਕ ਦੇਖਿ ਪਤੰਗਾ ॥ ਸਗਲ ਸੀਗਾਰ ਕਰੇ ਨਹੀ ਪਾਵੈ ॥ ਜਾ ਹੋਇ ਕ੍ਰਿਪਾਲੁ ਤਾ ਗੁਰੂ ਮਿਲਾਵੈ॥੩॥ਹਉ ਫਿਰਉ ਉਦਾਸੀ ਮੈ ਇਕੁ ਰਤਨੁ ਦਸਾਇਆ ॥ ਨਿਰਮੋਲਕੁ ਹੀਰਾ ਮਿਲੈ ਨ ਉਪਾਇਆ॥ਹਰਿ ਕਾ ਮੰਦਰੁ ਤਿਸੁ ਮਹਿ ਲਾਲੁ ॥ ਗੁਰਿ ਖੋਲਿਆ ਪੜਦਾ ਦੇਖਿ ਭਈ ਨਿਹਾਲੁ ॥੪॥ ਜਿਨਿ ਚਾਖਿਆ ਤਿਸੁ ਆਇਆ ਸਾਦੁ॥ਜਿਉ ਗੂੰਗਾ ਮਨ ਮਹਿ ਬਿਸਮਾਦੁ ॥ ਆਨਦ ਰੂਪੁ ਸਭੁ ਨਦਰੀ ਆਇਆ ॥ਜਨ ਨਾਨਕ ਹਰਿ ਗੁਣ ਆਖਿ ਸਮਾਇਆ ॥੫॥੧॥ [ਪੰਨਾ ੮੦੧]

ਚਉਪਦੇ–ਚਾਰ ਬੰਦਾਂ ਵਾਲੇ ਸ਼ਬਦ। ਪਰ ਇਹ ਪਹਿਲਾ ਸ਼ਬਦ 'ਪੰਚਪਦਾ' ਹੈ।

ਇਸ ਤੋਂ ਅਗਾਂਹ ੧੭ ਸ਼ਬਦ ਚਉਪਦੇ ਹਨ ।

ਪਦ ਅਰਥ :–ਨਦਰੀ ਆਵੈ–(ਜੋ ਕੁਝ ਅੱਖਾਂ ਨਾਲ) ਦਿੱਸ ਰਿਹਾ ਹੈ । ਸਿਉ–ਨਾਲ । ਪ੍ਰਭ–ਹੇ ਪ੍ਰਭੂ ! ਤੋਹਿ–ਤੈਨੂੰ । ਕਰਿ–ਕਰ ਕੇ । ਮੋਹਿ–ਮੈਨੂੰ । ਮਾਰਗਿ-(ਸਹੀ ਜੀਵਨ-) ਰਾਹ ਉਤੇ । ਕੈ ਅੰਚਲਿ–ਦੇ ਪੱਲੇ ਨਾਲ । ੧ ।

ਕਿਉ–ਕਿਸ ਤਰ੍ਹਾਂ ? ਬਿਖਿਆ–ਮਾਇਆ । ਬੋਹਿਥੁ–ਜਹਾਜ਼ । ਪਾਵੈ ਪਾਰਿ–ਪਾਰ ਲੰਘਾ ਦੇਂਦਾ ਹੈ । ੧ । ਰਹਾਉ ।

ਪਵਨੁ–ਹਵਾ । ਝੁਲਾਰੇ–ਝਕੋਲੇ ।ਦੇਇ–ਦੇਂਦੀ ਹੈ । ਥਿਰੁ–ਅਡੋਲ । ਸੋਇ–ਉਹੀ (ਬੰਦੇ) । ਹਰਖ–ਖ਼ੁਸ਼ੀ । ਸੋਗ–ਗ਼ਮ । ਤੇ–ਤੋਂ । ਨਿਰਾਰਾ–ਨਿਰਾਲੇ,ਨਿਰਲੇਪ । ੨ ।

ਵੇੜੁ–ਵਲੇਵਾਂ । ਭੁਇਅੰਗਾ–ਸੱਪ । ਪਚੇ–ਸੜੇ ਹੋਏ । ਦੀਪਕ–ਦੀਵੇ । ਦੇਖਿ–ਵੇਖ ਕੇ । ਸਗਲ–ਸਾਰੇ । ੩ ।

ਫਿਰਉ–ਫਿਰਉਂ, ਮੈਂ ਫਿਰਦੀ ਹਾਂ । ਦਸਾਇਆ–ਪੁੱਛਿਆ । ਉਪਾਇਆ–ਉਪਾਵਾਂ ਨਾਲ । ਹਰਿ ਕਾ ਮੰਦਰੁ–ਮਨੁੱਖਾ ਸਰੀਰ । ਗੁਰਿ–ਗੁਰੂ ਨੇ । ਨਿਹਾਲੁ–ਪ੍ਰਸੰਨ । ੪ ।

ਜਿਨਿ–ਜਿਸ ਨੇ । ਸਾਦੁ–ਸੁਆਦੁ । ਬਿਸਮਾਦੁ–ਹੈਰਾਨ, ਬਹੁਤ ਖ਼ੁਸ਼ । ਆਨਦ ਰੂਪੁ–ਆਨੰਦ ਦਾ ਸਰੂਪ-ਪ੍ਰਭੂ । ਸਭੁ–ਹਰ ਥਾਂ । ਆਖਿ–ਆਖ ਕੇ, ਗਾ ਕੇ । ਸਮਾਇਆ–ਲੀਨ ਹੋ ਗਿਆ । ੫ ।

ਅਰਥ :–(ਹੇ ਭਾਈ !) ਇਹ ਸੰਸਾਰ ਮਾਇਆ (ਦੇ ਮੋਹ ਦੀਆਂ ਲਹਿਰਾਂ ਨਾਲ ਭਰਪੂਰ) ਹੈ (ਇਸ ਵਿਚੋਂ) ਕਿਵੇਂ ਪਾਰ ਲੰਘਿਆ ਜਾਏ ? (ਉੱਤਰ–) ਗੁਰੂ ਜਹਾਜ਼ ਹੈ (ਗੁਰੂ ਇਸ ਸਮੁੰਦਰ ਵਿਚੋਂ) ਪਾਰ ਲੰਘਾਂਦਾ ਹੈ । ੧ । ਰਹਾਉ ।

ਹੇ ਸਦਾ ਥਿਰ ਰਹਿਣ ਵਾਲੇ ! ਜੋ ਕੁਝ ਅੱਖਾਂ ਨਾਲ ਦਿੱਸ ਰਿਹਾ ਹੈ, ਮੇਰਾ ਉਸ ਨਾਲ ਸਦਾ ਮੋਹ ਬਣਿਆ ਰਹਿੰਦਾ ਹੈ (ਪਰ ਤੂੰ ਇਹਨਾਂ ਅੱਖਾਂ ਨਾਲ ਦਿੱਸਦਾ ਨਹੀਂ) ਤੈਨੂੰ ਮੈਂ ਕਿਸ ਤਰ੍ਹਾਂ ਮਿਲਾਂ ? (ਹੇ ਪ੍ਰਭੂ !) ਕਿਰਪਾ ਕਰ ਕੇ ਮੈਨੂੰ (ਜੀਵਨ ਦੇ ਸਹੀ) ਰਸਤੇ ਉਤੇ ਤੋਰ, ਮੈਨੂੰ ਸਾਧ ਸੰਗਤਿ ਦੇ ਲੜ ਨਾਲ ਲਾ ਦੇ । ੧ ।

(ਹੇ ਭਾਈ !) ਹਵਾ (ਵਾਂਗ) ਮਾਇਆ (ਜੀਵਾਂ ਨੂੰ) ਹੁਲਾਰੇ ਦੇਂਦੀ ਰਹਿੰਦੀ ਹੈ, (ਇਹਨਾਂ ਹੁਲਾਰਿਆਂ ਦੇ ਸਾਹਮਣੇ ਸਿਰਫ਼) ਉਹੀ ਬੰਦੇ ਅਡੋਲ ਰਹਿੰਦੇ ਹਨ ਜੇਹੜੇ ਸਦਾ ਪ੍ਰਭੂ ਦੀ ਭਗਤੀ ਕਰਦੇ ਹਨ । ਜਿਨ੍ਹਾਂ ਮਨੁੱਖਾਂ ਦੇ ਸਿਰ ਉਤੇ ਗੁਰੂ ਆਪ ਰਾਖੀ ਕਰਨ ਵਾਲਾ ਹੈ, ਉਹ ਮਨੁੱਖ ਖ਼ੁਸ਼ੀ ਗ਼ਮੀ (ਦੇ ਹੁਲਾਰਿਆਂ) ਤੋਂ ਵੱਖਰੇ (ਨਿਰਲੇਪ) ਰਹਿੰਦੇ ਹਨ । ੨ ।

(ਹੇ ਭਾਈ !) ਸੱਪ (ਵਾਂਗ) ਮਾਇਆ ਦੇ ਸਾਰੇ ਜੀਵਾਂ ਦੇ ਦੁਆਲੇ ਵਲੇਵਾਂ

ਪਾਇਆ ਹੋਇਆ ਹੈ। ਜੀਵ ਹਉਮੈ (ਦੀ ਅੱਗ) ਵਿਚ ਸੜੇ ਪਏ ਹਨ ਜਿਵੇਂ ਦੀਵਿਆਂ ਨੂੰ ਵੇਖ ਕੇ ਪਤੰਗੇ ਸੜਦੇ ਹਨ।(ਮਾਇਆ-ਵੇੜ੍ਹਿਆ ਜੀਵ ਭਾਵੇਂ ਬਾਹਰਲੇ ਭੇਖ ਆਦਿਕ ਦੇ) ਸਾਰੇ ਸਿੰਗਾਰ ਕਰਦਾ ਰਹੇ, (ਫਿਰ ਭੀ ਉਹ) ਪਰਮਾਤਮਾ ਨੂੰ ਮਿਲ ਨਹੀਂ ਸਕਦਾ। ਜਦੋਂ ਪਰਮਾਤਮਾ ਆਪ (ਜੀਵ ਉੱਤੇ) ਦਇਆਵਾਨ ਹੁੰਦਾ ਹੈ, ਤਾਂ (ਉਸ ਨੂੰ) ਗੁਰੂ ਮਿਲਾਂਦਾ ਹੈ। ੩।

(ਹੇ ਭਾਈ!) ਮੈਂ (ਭੀ) ਨਾਮ-ਰਤਨ ਨੂੰ ਭਾਲਦੀ ਭਾਲਦੀ (ਬਾਹਰ) ਉਦਾਸ ਫਿਰ ਰਹੀ ਸਾਂ, ਪਰ ਉਹ ਨਾਮ-ਹੀਰਾ ਅਮੋਲਕ ਹੈ ਉਹ (ਬਾਹਰਲੇ ਭੇਖ ਆਦਿਕ) ਉਪਾਵਾਂ ਨਾਲ ਨਹੀਂ ਮਿਲਦਾ। (ਇਹ ਸਰੀਰ ਹੀ) ਪਰਮਾਤਮਾ ਦੇ ਰਹਿਣ ਦਾ ਘਰ ਹੈ, ਇਸ (ਸਰੀਰ) ਵਿਚ ਉਹ ਲਾਲ ਵੱਸ ਰਿਹਾ ਹੈ। ਜਦੋਂ ਗੁਰੂ ਨੇ (ਮੇਰੇ ਅੰਦਰੋਂ ਭਰਮ-ਭੁਲੇਖੇ ਦਾ) ਪਰਦਾ ਖੋਲ੍ਹ ਦਿੱਤਾ, ਮੈਂ (ਉਸ ਲਾਲ ਨੂੰ ਆਪਣੇ ਅੰਦਰ ਹੀ) ਵੇਖ ਕੇ ਲੂੰ ਲੂੰ ਖਿੜ ਗਈ। ੪।

(ਹੇ ਭਾਈ!) ਜਿਸ ਮਨੁੱਖ ਨੇ (ਨਾਮ-ਰਸ) ਚੱਖਿਆ ਹੈ, ਉਸ ਨੂੰ (ਹੀ) ਸੁਆਦ ਆਇਆ ਹੈ। (ਪਰ ਉਹ ਇਹ ਸੁਆਦ ਦੱਸ ਨਹੀਂ ਸਕਦਾ) ਜਿਵੇਂ ਗੁੰਗਾ (ਕੋਈ ਸੁਆਦਲਾ ਪਦਾਰਥ ਖਾ ਕੇ ਹੋਰਨਾਂ ਨੂੰ ਦੱਸ ਨਹੀਂ ਸਕਦਾ ਉਂਞ ਆਪਣੇ) ਮਨ ਵਿਚ ਬਹੁਤ ਗਦ-ਗਦ ਹੋ ਜਾਂਦਾ ਹੈ। ਹੇ ਦਾਸ ਨਾਨਕ! ਜੇਹੜਾ ਮਨੁੱਖ ਪ੍ਰਭੂ ਦੇ ਗੁਣ ਗਾ ਗਾ ਕੇ (ਪ੍ਰਭੂ ਵਿਚ) ਲੀਨ ਰਹਿੰਦਾ ਹੈ ਉਸ ਨੂੰ ਉਹ ਆਨੰਦ ਦਾ ਸੋਮਾ ਪ੍ਰਭੂ ਹਰ ਥਾਂ ਵੱਸਦਾ ਦਿੱਸਦਾ ਹੈ।੫।੧।

ਬਿਲਾਵਲੁ ਮਹਲਾ ੫ ॥ ਸਰਬ ਕਲਿਆਣ ਕੀਏ ਗੁਰਦੇਵ ॥ ਸੇਵਕੁ ਅਪਨੀ ਲਾਇਓ ਸੇਵ ॥ ਬਿਘਨੁ ਨ ਲਾਗੈ ਜਪਿ ਅਲਖ ਅਭੇਵ ॥੧॥ ਧਰਤਿ ਪੁਨੀਤ ਭਈ ਗੁਨ ਗਾਏ ॥ ਦੁਰਤੁ ਗਇਆ ਹਰਿਨਾਮੁ ਧਿਆਏ॥ ੧॥ ਰਹਾਉ ॥ ਸਭਨੀ ਥਾਂਈ ਰਵਿਆ ਆਪਿ ॥ ਆਦਿ ਜੁਗਾਦਿ ਜਾ ਕਾ ਵਡ ਪਰਤਾਪੁ ॥ ਗੁਰ ਪਰਸਾਦਿ ਨ ਹੋਇ ਸੰਤਾਪੁ ॥੨॥ ਗੁਰ ਕੇ ਚਰਨ ਲਗੇ ਮਨਿ ਮੀਠੇ ॥ ਨਿਰਬਿਘਨ ਹੋਇ ਸਭ ਥਾਂਈ ਵੂਠੇ ॥ ਸਭਿ ਸੁਖ ਪਾਏ ਸਤਿਗੁਰ ਤੂਠੇ ॥੩॥ ਪਾਰਬ੍ਰਹਮ ਪ੍ਰਭ ਭਏ ਰਖਵਾਲੇ॥ਜਿਥੈ ਕਿਥੈ ਦੀਸਹਿ ਨਾਲੇ ॥ ਨਾਨਕ ਦਾਸ ਖਸਮਿ ਪ੍ਰਤਿਪਾਲੇ ॥੪॥੨॥ [ਪੰਨਾ ੮੦੧]

ਪਦ ਅਰਥ :-ਸਰਬ ਕਲਿਆਣ-ਸਾਰੇ ਸੁਖ।ਕੀਏ-ਬਣਾ ਦਿੱਤੇ।ਸੇਵ-ਸੇਵਾ-ਭਗਤੀ ਵਿਚ। ਬਿਘਨੁ-ਵਿਕਾਰਾਂ ਦੀ ਰੁਕਾਵਟ। ਜਪਿ-ਜਪ ਕੇ। ਅਲਖ-ਅਦ੍ਰਿਸ਼ਟ। ਅਭੇਵ-ਜਿਸ ਦਾ ਭੇਤ ਨ ਪਾਇਆ ਜਾ ਸਕੇ।੧।

ਪੁਨੀਤ—ਪਵਿੱਤਰ। ਧਰਤਿ—ਹਿਰਦਾ-ਧਰਤੀ। ਦੁਰਤੁ—ਪਾਪ। ੧। ਰਹਾਉ।

ਰਵਿਆ—ਵਿਆਪਕ। ਆਦਿ—ਸ਼ੁਰੂ ਤੋਂ। ਜੁਗਾਦਿ—ਜੁਗਾਂ ਦੇ ਸ਼ੁਰੂ ਤੋਂ। ਪਰਸਾਦਿ—ਕਿਰਪਾ ਨਾਲ। ਸੰਤਾਪੁ—ਦੁੱਖ-ਕਲੇਸ਼। ੨।

ਮਨਿ—ਮਨ ਵਿਚ। ਹੋਇ—ਹੋ ਕੇ। ਸਭ ਥਾਂਈ—ਹਰ ਥਾਂ (ਜਿੱਥੇ ਭੀ ਉਹ ਰਹਿੰਦਾ ਹੈ)। ਵੂਠੇ—ਵੱਸਦਾ ਹੈ। ਸਭਿ—ਸਾਰੇ। ਤੂਠੇ—ਪ੍ਰਸੰਨ ਹੋਣ ਤੇ। ੩।

ਜਿਥੈ ਕਿਥੈ—ਹਰ ਥਾਂ। ਦੀਸਹਿ—ਦਿੱਸਦੇ ਹਨ। ਨਾਲੇ—ਅੰਗ-ਸੰਗ। ਖਸਮਿ—ਖਸਮ ਨੇ। ਪ੍ਰਤਿਪਾਲੇ—ਰੱਖਿਆ ਕੀਤੀ ਹੈ। ੪।

ਨੋਟ ! ਭੂਤ ਕਾਲ ਦਾ ਅਰਥ ਵਰਤਮਾਨ ਕਾਲ ਵਿਚ ਕਰਨਾ ਹੈ।

ਅਰਥ :—(ਹੇ ਭਾਈ ! ਜੇਹੜਾ ਭੀ ਮਨੁੱਖ) ਪਰਮਾਤਮਾ ਦੇ ਗੁਣ ਗਾਂਦਾ ਹੈ, ਉਸ ਦਾ ਹਿਰਦਾ ਪਵਿੱਤਰ ਹੋ ਜਾਂਦਾ ਹੈ। ਜੇਹੜਾ ਭੀ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ (ਉਸ ਦੇ ਹਿਰਦੇ ਵਿਚੋਂ) ਪਾਪ ਦੂਰ ਹੋ ਜਾਂਦਾ ਹੈ।੧। ਰਹਾਉ।

(ਹੇ ਭਾਈ !) ਜਿਸ ਸੇਵਕ ਨੂੰ ਪ੍ਰਭੂ ਆਪਣੀ ਸੇਵਾ-ਭਗਤੀ ਵਿਚ ਲਾਂਦਾ ਹੈ, ਗੁਰੂ ਉਸ ਨੂੰ ਸਾਰੇ ਸੁਖ ਦੇ ਦੇਂਦਾ ਹੈ। ਅਲੱਖ ਅਤੇ ਅਭੇਵ ਪਰਮਾਤਮਾ ਦਾ ਨਾਮ ਜਪ ਕੇ (ਉਸ ਮਨੁੱਖ ਦੀ ਜ਼ਿੰਦਗੀ ਦੇ ਰਸਤੇ ਵਿਚ ਵਿਕਾਰਾਂ ਦੀ ਕੋਈ) ਰੁਕਾਵਟ ਨਹੀਂ ਪੈਂਦੀ।੧।

(ਜਿਸ ਮਨੁੱਖ ਨੂੰ ਪ੍ਰਭੂ ਆਪਣੀ ਸੇਵਾ-ਭਗਤੀ ਵਿਚ ਜੋੜਦਾ ਹੈ, ਉਸ ਨੂੰ) ਉਹ ਪ੍ਰਭੂ ਹੀ ਹਰ ਥਾਂ ਮੌਜੂਦ ਦਿੱਸਦਾ ਹੈ।ਜਿਸ ਦਾ ਤੇਜ-ਪਰਤਾਪ ਸ਼ੁਰੂ ਤੋਂ ਜੁਗਾਂ ਦੇ ਸ਼ੁਰੂ ਤੋਂ ਹੀ ਬੜਾ ਚਲਿਆ ਆ ਰਿਹਾ ਹੈ। ਗੁਰੂ ਦੀ ਕਿਰਪਾ ਨਾਲ ਉਸ ਮਨੁੱਖ ਨੂੰ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ। ੨।

ਹੇ ਭਾਈ ! ਜਿਸ ਮਨੁੱਖ ਨੂੰ ਗੁਰੂ ਦੇ (ਸੋਹਣੇ) ਚਰਨ (ਆਪਣੇ) ਮਨ ਵਿਚ ਪਿਆਰੇ ਲੱਗਦੇ ਹਨ, ਉਹ ਜਿੱਥੇ ਭੀ ਵੱਸਦਾ ਹੈ ਹਰ ਥਾਂ (ਵਿਕਾਰਾਂ ਦੀ) ਰੁਕਾਵਟ ਤੋਂ ਬੱਚਿਆ ਰਹਿੰਦਾ ਹੈ। ਉਸ ਮਨੁੱਖ ਉਤੇ ਗੁਰੂ ਦਇਆਵਾਨ ਹੁੰਦਾ ਹੈ, ਤੇ, ਉਹ ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ। ੩।

ਹੇ ਨਾਨਕ ! ਖਸਮ-ਪ੍ਰਭੂ ਨੇ ਸਦਾ ਹੀ ਆਪਣੇ ਦਾਸਾਂ ਦੀ ਰੱਖਿਆ ਕੀਤੀ ਹੈ, ਪ੍ਰਭੂ-ਪਾਰਬ੍ਰਹਮ ਜੀ ਸਦਾ ਆਪਣੇ ਸੇਵਕਾਂ ਦੇ ਰਾਖੇ ਬਣਦੇ ਹਨ। ਸੇਵਕਾਂ ਨੂੰ ਪ੍ਰਭੂ ਜੀ ਹਰ ਥਾਂ ਆਪਣੇ ਅੰਗ-ਸੰਗ ਦਿੱਸਦੇ ਹਨ।੪। ੨।

ਬਿਲਾਵਲੁ ਮਹਲਾ ੫ ॥ ਸੁਖ ਨਿਧਾਨ ਪ੍ਰੀਤਮ ਪ੍ਰਭ ਮੇਰੇ ॥ ਅਗਨਤ ਗੁਣ ਠਾਕੁਰ ਪ੍ਰਭ ਤੇਰੇ ॥ ਮੋਹਿ ਅਨਾਥ ਤੁਮਰੀ ਸਰਣਾਈ ॥ ਕਰਿ ਕਿਰਪਾ ਹਰਿ ਚਰਨ ਧਿਆਈ ॥੧॥ ਦਇਆ ਕਰਹੁ ਬਸਹੁ ਮਨਿ ਆਇ ॥ ਮੋਹਿ

ਨਿਰਗੁਨ ਲੀਜੈ ਲੜਿ ਲਾਇ ॥ ਰਹਾਉ ॥ ਪ੍ਰਭੂ ਚਿਤਿ ਆਵੈ ਤਾ ਕੈਸੀ ਭੀੜ॥ਹਰਿ ਸੇਵਕ ਨਾਹੀ ਜਮ ਪੀੜ ॥ ਸਰਬ ਦੂਖ ਹਰਿ ਸਿਮਰਤ ਨਸੇ ॥ ਜਾ ਕੈ ਸੰਗਿ ਸਦਾ ਪ੍ਰਭੁ ਬਸੈ ॥੨॥ਪ੍ਰਭ ਕਾ ਨਾਮੁ ਮਨਿ ਤਨਿ ਆਧਾਰੁ ॥ ਬਿਸਰਤ ਨਾਮੁ ਹੋਵਤ ਤਨੁ ਛਾਰੁ ॥ ਪ੍ਰਭ ਚਿਤਿ ਆਏ ਪੂਰਨ ਸਭ ਕਾਜ ॥ ਹਰਿ ਬਿਸਰਤ ਸਭ ਕਾ ਮੁਹਤਾਜ ॥੩॥ ਚਰਨ ਕਮਲ ਸੰਗਿ ਲਾਗੀ ਪ੍ਰੀਤਿ ॥ ਬਿਸਰਿ ਗਈ ਸਭ ਦੁਰਮਤਿ ਰੀਤਿ ॥ ਮਨ ਤਨ ਅੰਤਰਿ ਹਰਿ ਹਰਿ ਮੰਤ ॥ ਨਾਨਕ ਭਗਤਨ ਕੈ ਘਰਿ ਸਦਾ ਅਨੰਦ ॥੪॥੩॥

[ਪੰਨਾ ੮੦੨]

ਪਦ ਅਰਥ :–ਸੁਖ ਨਿਧਾਨ ਪ੍ਰਭ–ਹੇ ਸੁਖਾਂ ਦੇ ਖ਼ਜ਼ਾਨੇ ਪ੍ਰਭੂ ! ਅਗਨਤ–ਅ-ਗਨਤ, ਜੋ ਗਿਣੇ ਨਾਂਹ ਜਾ ਸਕਣ। ਮੋਹਿ–ਮੈਂ। ਧਿਆਈ–ਧਿਆਈਂ, ਮੈਂ ਧਿਆਵਾਂ। ੧।

ਮਨਿ–ਮਨ ਵਿਚ। ਆਇ–ਆ ਕੇ। ਮੋਹਿ–ਮੈਨੂੰ। ਨਿਰਗੁਨ–ਗੁਣ-ਹੀਨ। ਲਾਇ ਲੀਜੈ–ਲਾ ਲੈ। ਲੜਿ–ਲੜ ਨਾਲ, ਪੱਲੇ ਨਾਲ। ਰਹਾਉ।

ਚਿਤਿ–ਚਿੱਤ ਵਿਚ। ਭੀੜ–ਬਿਪਤਾ। ਸਰਬ–ਸਾਰੇ। ਸਿਮਰਤ–ਸ਼ਿਮਰਦਿਆਂ। ਜਾ ਕੈ ਸੰਗਿ–ਜਿਸ ਦੇ ਨਾਲ। ੨।

ਤਨਿ–ਤਨ ਵਿਚ। ਆਧਾਰੁ–ਆਸਰਾ।ਤਨੁ–ਸਰੀਰ। ਛਾਰੁ–ਸੁਆਹ। ਕਾਜ–ਕੰਮ। ਮੁਹਤਾਜ–ਅਰਥੀਆ। ੩।

ਸੰਗਿ–ਨਾਲ। ਦੁਰਮਤਿ–ਖੋਟੀ ਮਤਿ। ਰੀਤਿ–ਰਵਈਆ। ਮੰਤ–ਮੰਤਰ। ਘਰਿ–ਹਿਰਦੇ-ਘਰ ਵਿਚ। ੪।

ਅਰਥ :–ਹੇ ਪ੍ਰਭੂ ! (ਮੇਰੇ ਉਤੇ) ਮੇਹਰ ਕਰ, ਮੇਰੇ ਮਨ ਵਿਚ ਆ ਵੱਸ। ਮੈਨੂੰ ਗੁਣ-ਹੀਨ ਨੂੰ ਆਪਣੇ ਲੜ ਲਾ ਲੈ। ਰਹਾਉ।

ਹੇ ਸੁਖਾਂ ਦੇ ਖ਼ਜ਼ਾਨੇ ਪ੍ਰਭੂ ! ਹੇ ਮੇਰੇ ਪ੍ਰੀਤਮ ਪ੍ਰਭੂ ! ਹੇ ਠਾਕੁਰ ਪ੍ਰਭੂ ! ਤੇਰੇ ਗੁਣ ਗਿਣੇ ਨਹੀਂ ਜਾ ਸਕਦੇ। ਮੈਂ ਅਨਾਥ ਤੇਰੀ ਸਰਨ ਆਇਆ ਹਾਂ। ਹੇ ਹਰੀ ! ਮੇਰੇ ਉਤੇ ਮੇਹਰ ਕਰ, ਮੈਂ ਤੇਰੇ ਚਰਨਾਂ ਦਾ ਧਿਆਨ ਧਰਦਾ ਰਹਾਂ। ੧।

ਹੇ ਭਾਈ ! ਜਦੋਂ ਪ੍ਰਭੂ ਮਨ ਵਿਚ ਆ ਵੱਸੇ, ਤਾਂ ਕੋਈ ਭੀ ਬਿਪਤਾ ਪੋਹ ਨਹੀਂ ਸਕਦੀ। ਪ੍ਰਭੂ ਦੀ ਸੇਵਾ-ਭਗਤੀ ਕਰਨ ਵਾਲੇ ਮਨੁੱਖ ਨੂੰ ਜਮਾਂ ਦਾ ਦੁੱਖ ਭੀ ਡਰਾ ਨਹੀਂ ਸਕਦਾ। ਜਿਸ ਮਨੁੱਖ ਦੇ ਅੰਗ-ਸੰਗ ਸਦਾ ਪਰਮਾਤਮਾ ਵੱਸਦਾ ਹੈ, ਨਾਮ ਸਿਮਰਿਆਂ ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ। ੨।

ਹੇ ਭਾਈ ! ਪਰਮਾਤਮਾ ਦਾ ਨਾਮ (ਹੀ ਮਨੁੱਖ ਦੇ) ਮਨ ਵਿਚ ਸਰੀਰ ਵਿਚ

ਆਸਰਾ (ਦੇਣ ਵਾਲਾ) ਹੈ, ਪਰਮਾਤਮਾ ਦਾ ਨਾਮ ਭੁੱਲਿਆਂ ਸਰੀਰ(ਮਾਨੋ) ਸੁਆਹ (ਦੀ ਢੇਰੀ) ਹੋ ਜਾਂਦਾ ਹੈ। ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦਾ ਨਾਮ ਆ ਵੱਸਦਾ ਹੈ, ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ। ਪਰਮਾਤਮਾ ਦਾ ਨਾਮ ਭੁੱਲਿਆਂ ਮਨੁੱਖ ਧਿਰ ਧਿਰ ਦਾ ਅਰਥੀਆ ਹੋ ਜਾਂਦਾ ਹੈ। ੩।

ਹੇ ਭਾਈ! ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਜਿਸ ਮਨੁੱਖ ਦਾ ਪਿਆਰ ਬਣ ਜਾਂਦਾ ਹੈ, ਉਸ ਨੂੰ ਖੋਟੀ ਮਤਿ ਵਾਲਾ ਸਾਰਾ (ਜੀਵਨ-) ਰਵਈਆ ਭੁੱਲ ਜਾਂਦਾ ਹੈ। ਹੇ ਨਾਨਕ! ਪ੍ਰਭੂ ਦੇ ਭਗਤਾਂ ਦੇ ਹਿਰਦੇ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ, ਕਿਉਂਕਿ ਉਹਨਾਂ ਦੇ ਮਨ ਵਿਚ ਉਹਨਾਂ ਦੇ ਸਰੀਰ ਵਿਚ ਪਰਮਾਤਮਾ ਦਾ ਨਾਮ-ਮੰਤਰ ਵੱਸਦਾ ਰਹਿੰਦਾ ਹੈ (ਜੋ ਖੋਟੀ ਮਤਿ ਨੂੰ ਨੇੜੇ ਨਹੀਂ ਢੁੱਕਣ ਦੇਂਦਾ)। ੪। ੩।

ਰਾਗ ਬਿਲਾਵਲੁ ਮਹਲਾ ੫ ਘਰੁ ੨ ਯਾਨੜੀਏ ਕੈ ਘਰਿ ਗਾਵਣਾ

ੴ ਸਤਿਗੁਰਪ੍ਰਸਾਦਿ॥ਮੈ ਮਨਿ ਤੇਰੀ ਟੇਕ ਮੇਰੇ ਪਿਆਰੇ ਮੈ ਮਨਿ ਤੇਰੀ ਟੇਕ ॥ ਅਵਰ ਸਿਆਣਪਾ ਬਿਰਥੀਆ ਪਿਆਰੇ ਰਾਖਨ ਕਉ ਤੁਮ ਏਕ ॥ ੧ ॥ ਰਹਾਉ ॥ ਸਤਿਗੁਰੁ ਪੂਰਾ ਜੇ ਮਿਲੈ ਪਿਆਰੇ ਸੋ ਜਨੁ ਹੋਤ ਨਿਹਾਲਾ ॥ ਗੁਰ ਕੀ ਸੇਵਾ ਸੋ ਕਰੇ ਪਿਆਰੇ ਜਿਸ ਨੋ ਹੋਇ ਦਇਆਲਾ ॥ ਸਫਲ ਮੂਰਤਿ ਗੁਰਦੇਉ ਸੁਆਮੀ ਸਰਬ ਕਲਾ ਭਰਪੂਰੇ ॥ ਨਾਨਕ ਗੁਰੁ ਪਾਰਬ੍ਰਹਮੁ ਪਰਮੇਸਰੁ ਸਦਾ ਸਦਾ ਹਜੂਰੇ ॥੧॥ ਸੁਣਿ ਸੁਣਿ ਜੀਵਾ ਸੋਇ ਤਿਨਾ ਕੀ ਜਿਨ੍ਹ ਅਪੁਨਾ ਪ੍ਰਭੁ ਜਾਤਾ ॥ ਹਰਿਨਾਮੁ ਅਰਾਧਹਿ ਨਾਮੁ ਵਖਾਣਹਿ ਹਰਿਨਾਮੇ ਹੀ ਮਨੁ ਰਾਤਾ ॥ ਸੇਵਕੁ ਜਨ ਕੀ ਸੇਵਾ ਮਾਗੈ ਪੂਰੈ ਕਰਮਿ ਕਮਾਵਾ ॥ ਨਾਨਕ ਕੀ ਬੇਨੰਤੀ ਸੁਆਮੀ ਤੇਰੇ ਜਨ ਦੇਖਣੁ ਪਾਵਾ ॥ ੨ ॥ ਵਡਭਾਗੀ ਸੇ ਕਾਢੀਅਹਿ ਪਿਆਰੇ ਸੰਤ ਸੰਗਤਿ ਜਿਨਾ ਵਾਸੋ ॥ ਅੰਮ੍ਰਿਤ ਨਾਮੁ ਅਰਾਧੀਐ ਨਿਰਮਲੁ, ਮਨੈ ਹੋਵੈ ਪਰਗਾਸੋ ॥ ਜਨਮ ਮਰਣ ਦੁਖੁ ਕਾਟੀਐ ਪਿਆਰੇ ਚੂਕੈ ਜਮ ਕੀ ਕਾਣੇ ॥ ਤਿਨ੍ਹਾ ਪਰਾਪਤਿ ਦਰਸਨੁ ਨਾਨਕ ਜੋ ਪ੍ਰਭ ਅਪਣੇ ਭਾਣੇ ॥੩॥ ਊਚ ਅਪਾਰ ਬੇਅੰਤ ਸੁਆਮੀ ਕਉਣੁ ਜਾਣੈ ਗੁਣ ਤੇਰੇ ॥ ਗਾਵਤੇ ਉਧਰਹਿ ਸੁਣਤੇ ਉਧਰਹਿ ਬਿਨਸਹਿ ਪਾਪ ਘਨੇਰੇ ॥ ਪਸੂ ਪਰੇਤ ਮੁਗਧ ਕਉ ਤਾਰੇ ਪਾਹਨ ਪਾਰਿ ਉਤਾਰੈ ॥ ਨਾਨਕ ਦਾਸ ਤੇਰੀ ਸਰਣਾਈ ਸਦਾ ਸਦਾ ਬਲਿਹਾਰੈ ॥੪॥੧॥੪॥

[ਪੰਨਾ ੮੦੨]

ਨੋਟ: ਕੈ ਘਰਿ—ਦੇ ਘਰ ਵਿਚ। ਯਾਨੜੀਏ ਕੈ ਘਰਿ—ਉਸ ਸ਼ਬਦ ਦੇ 'ਘਰ' ਵਿਚ ਜਿਸ ਦੀ ਪਹਿਲੀ ਤੁਕ ਹੈ 'ਇਆਨੜੀਏ ਮਾਨੜਾ ਕਾਇ ਕਰੇਹਿ'। ਇਹ ਸ਼ਬਦ ਤਿਲੰਗ ਰਾਗ ਵਿਚ ਗੁਰੂ ਨਾਨਕ ਦੇਵ ਜੀ ਦਾ ਹੈ (ਪੰਨਾ ੭੨੨)। ਪਰ ਉਸ ਦਾ 'ਘਰੁ' ੩ ਹੈ।

ਪਦ ਅਰਥ :—ਮੈ ਮਨਿ—ਮੇਰੇ ਮਨ ਵਿਚ। ਟੇਕ—ਆਸਰਾ। ਅਵਰ—ਹੋਰ। ਸਿਆਣਪਾ—ਚਤੁਰਾਈਆਂ। ਬਿਰਥੀਆ—ਵਿਅਰਥ। ਰਾਖਨ ਕਉ—ਰੱਖਿਆ ਕਰਨ ਜੋਗਾ। ਤੁਮ ਏਕ—ਸਿਰਫ਼ ਤੂੰ ਹੀ। ੧। ਰਹਾਉ।

ਸੋ ਜਨੁ—ਉਹ ਬੰਦਾ। ਨਿਹਾਲਾ—ਆਨੰਦ-ਭਰਪੂਰ। ਜਿਸ ਨੋ—[ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ। ਵੇਖੋ ਗੁਰਬਾਣੀ ਵਿਆਕਰਨ]। ਹੋਇ—ਹੁੰਦਾ ਹੈ (ਪ੍ਰਭੂ)। ਸਫਲ ਮੂਰਤਿ—ਉਹ ਜਿਸ ਦੀ ਹਸਤੀ ਮਨੁੱਖਾ ਜਨਮ ਦਾ ਮਨੋਰਥ ਪੂਰਾ ਕਰ ਸਕਦੀ ਹੈ। ਕਲਾ—ਸੱਤਿਆ, ਤਾਕਤ। ਹਜੂਰੇ—ਅੰਗ-ਸੰਗ।੧।

ਸੁਣਿ—ਸੁਣ ਕੇ। ਜੀਵਾ—ਜੀਵਾਂ, ਮੈਂ ਜੀਊਂਦਾ ਹਾਂ, ਮੈਨੂੰ ਆਤਮਕ ਜੀਵਨ ਮਿਲਦਾ ਹੈ। ਸੋਇ—ਸੋਭਾ। ਜਾਤਾ—ਪਛਾਣਿਆ, ਸਾਂਝ ਪਾਈ। ਅਰਾਧਹਿ—ਅਰਾਧਦੇ ਹਨ। ਵਖਾਣਹਿ—ਉਚਾਰਦੇ ਹਨ। ਰਾਤਾ—ਰੰਗਿਆ ਹੋਇਆ। ਮਾਗੈ—ਮੰਗਦਾ ਹੈ। ਕਰਮਿ—ਮੇਹਰ ਨਾਲ। ਕਮਾਵਾ—ਕਮਾਵਾਂ, ਮੈਂ ਕਮਾ ਸਕਦਾ ਹਾਂ। ਦੇਖਣੁ ਪਾਵਾ—ਦੇਖ ਸਕਾਂ।੨।

ਕਾਢੀਅਹਿ—ਕਹੇ ਜਾਂਦੇ ਹਨ। ਵਾਸੋ—ਨਿਵਾਸ, ਬਹਿਣ-ਖਲੋਣ। ਅਰਾਧੀਐ—ਆਰਾਧਿਆ ਜਾ ਸਕਦਾ ਹੈ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਮਨੈ—ਮਨਿ, ਮਨ ਵਿਚ। ਪਰਗਾਸੋ—ਚਾਨਣ। ਕਾਟੀਐ—ਕੱਟਿਆ ਜਾਂਦਾ ਹੈ। ਚੂਕੈ—ਮੁੱਕ ਜਾਂਦੀ ਹੈ। ਕਾਣੇ—ਕਾਣਿ, ਮੁਥਾਜੀ। ਨਾਨਕ—ਹੇ ਨਾਨਕ ! ਖ਼ਾਣੇ—ਚੰਗੇ ਲੱਗਦੇ ਹਨ। ੩।

ਅਪਾਰ—ਹੇ ਬੇਅੰਤ ! ਉਧਰਹਿ—(ਵਿਕਾਰਾਂ ਤੋਂ) ਬਚ ਜਾਂਦੇ ਹਨ। ਬਿਨਸਹਿ ਨਾਸ ਹੋ ਜਾਂਦੇ ਹਨ। ਘਨੇਰੇ—ਬਹੁਤ। ਪਰੇਤ—ਪ੍ਰੇਤ, ਗੁਜ਼ਰੇ ਹੋਏ, ਗਏ-ਗੁਜ਼ਰੇ, ਮਨੁੱਖਤਾ ਤੋਂ ਗਏ-ਗੁਜ਼ਰੇ। ਮੁਗਧ—ਮੂਰਖ। ਤਾਰੇ—ਪਾਰ ਲੰਘਾ ਦੇਂਦਾ ਹੈ। ਪਾਹਨ—ਪੱਥਰ (-ਦਿਲ ਬੰਦੇ)। ਬਲਿਹਾਰੈ—ਕੁਰਬਾਨ। ੪।

ਅਰਥ :—ਹੇ ਪਿਆਰੇ ਪ੍ਰਭੂ ! ਮੇਰੇ ਮਨ ਵਿਚ (ਇਕ) ਤੇਰਾ ਹੀ ਆਸਰਾ ਹੈ, ਤੇਰਾ ਹੀ ਆਸਰਾ ਹੈ। ਹੇ ਪਿਆਰੇ ਪ੍ਰਭੂ ! ਸਿਰਫ਼ ਤੂੰ ਹੀ (ਅਸਾਂ ਜੀਵਾਂ ਦੀ) ਰੱਖਿਆ ਕਰਨ ਜੋਗਾ ਹੈਂ। (ਤੈਨੂੰ ਭੁਲਾ ਕੇ ਰੱਖਿਆ ਵਾਸਤੇ) ਹੋਰ ਹੋਰ ਚਤੁਰਾਈਆਂ (ਸੋਚਣੀਆਂ) ਕਿਸੇ ਵੀ ਕੰਮ ਨਹੀਂ। ੧। ਰਹਾਉ।

ਹੇ ਭਾਈ ! ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪਏ, ਉਹ ਸਦਾ ਖਿੜਿਆ ਰਹਿੰਦਾ ਹੈ। ਪਰ, ਹੇ ਭਾਈ ! ਉਹੀ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਜਿਸ ਉਤੇ (ਪ੍ਰਭੂ ਆਪ)

ਦਇਆਵਾਨ ਹੁੰਦਾ ਹੈ। ਹੇ ਭਾਈ! ਗੁਰੂ ਸੁਆਮੀ ਮਨੁੱਖਾ ਜਨਮ ਦਾ ਮਨੋਰਥ ਪੂਰਾ ਕਰਨ ਦੇ ਸਮਰੱਥ ਹੈ (ਕਿਉਂਕਿ) ਉਹ ਸਾਰੀਆਂ ਤਾਕਤਾਂ ਦਾ ਮਾਲਕ ਹੈ। ਹੇ ਨਾਨਕ! ਗੁਰੂ ਪਰਮਾਤਮਾ ਦਾ ਰੂਪ ਹੈ। (ਆਪਣੇ ਸੇਵਕਾਂ ਦੇ) ਸਦਾ ਹੀ ਅੰਗ-ਸੰਗ ਰਹਿੰਦਾ ਹੈ।੧।

ਹੇ ਭਾਈ! ਜੇਹੜੇ ਮਨੁੱਖ ਆਪਣੇ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ, ਉਹਨਾਂ ਦੀ ਸੋਭਾ ਸੁਣ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੁੰਦਾ ਹੈ। (ਉਹ ਵਡ-ਭਾਗੀ ਮਨੁੱਖ ਸਦਾ) ਪਰਮਾਤਮਾ ਦਾ ਨਾਮ ਸਿਮਰਦੇ ਹਨ, ਪਰਮਾਤਮਾ ਦਾ ਨਾਮ ਉਚਾਰਦੇ ਹਨ, ਪਰਮਾਤਮਾ ਦੇ ਨਾਮ ਵਿਚ ਹੀ ਉਹਨਾਂ ਦਾ ਮਨ ਰੰਗਿਆ ਰਹਿੰਦਾ ਹੈ। ਹੇ ਪ੍ਰਭੂ! (ਤੇਰਾ ਇਹ) ਸੇਵਕ (ਤੇਰੇ ਉਹਨਾਂ) ਸੇਵਕਾਂ ਦੀ ਸੇਵਾ (ਦੀ ਦਾਤਿ ਤੇਰੇ ਪਾਸੋਂ) ਮੰਗਦਾ ਹੈ, (ਤੇਰੀ) ਪੂਰਨ ਬਖ਼ਸ਼ਸ਼ ਨਾਲ (ਹੀ) ਮੈਂ (ਉਹਨਾਂ ਦੀ) ਸੇਵਾ ਦੀ ਕਾਰ ਕਰ ਸਕਦਾ ਹਾਂ। ਹੇ ਮਾਲਕ-ਪ੍ਰਭੂ! (ਤੇਰੇ ਸੇਵਕ) ਨਾਨਕ ਦੀ (ਤੇਰੇ ਦਰ ਤੇ) ਅਰਦਾਸ ਹੈ, (-ਮੇਹਰ ਕਰ) ਮੈਂ ਤੇਰੇ ਸੇਵਕਾਂ ਦਾ ਦਰਸਨ ਕਰ ਸਕਾਂ।੨।

ਹੇ ਭਾਈ! ਜਿਨ੍ਹਾਂ ਮਨੁੱਖਾਂ ਦਾ ਬਹਿਣ-ਖਲੋਣ ਸਦਾ ਗੁਰਮੁਖਾਂ ਦੀ ਸੰਗਤਿ ਵਿਚ ਹੈ, ਉਹ ਮਨੁੱਖ ਵੱਡੇ ਭਾਗਾਂ ਵਾਲੇ ਆਖੇ ਜਾ ਸਕਦੇ ਹਨ। (ਗੁਰਮੁਖਾਂ ਦੀ ਸੰਗਤਿ ਵਿਚ ਹੀ ਰਹਿ ਕੇ) ਆਤਮਕ ਜੀਵਨ ਦੇਣ ਵਾਲਾ ਪਵਿੱਤਰ ਨਾਮ ਸਿਮਰਿਆ ਜਾ ਸਕਦਾ ਹੈ, ਅਤੇ ਮਨ ਵਿਚ (ਉੱਚੇ ਆਤਮਕ ਜੀਵਨ ਦਾ) ਚਾਨਣ (ਗਿਆਨ) ਪੈਦਾ ਹੁੰਦਾ ਹੈ। ਹੇ ਭਾਈ! (ਗੁਰਮੁਖਾਂ ਦੀ ਸੰਗਤਿ ਵਿਚ ਹੀ) ਸਾਰੀ ਉਮਰ ਦਾ ਦੁੱਖ ਕੱਟਿਆ ਜਾ ਸਕਦਾ ਹੈ, ਅਤੇ ਜਮਰਾਜ ਦੀ ਧੌਂਸ ਭੀ ਮੁੱਕ ਜਾਂਦੀ ਹੈ। ਪਰ, ਹੇ ਨਾਨਕ! (ਗੁਰਮੁਖਾਂ ਦਾ) ਦਰਸਨ ਉਹਨਾਂ ਮਨੁੱਖਾਂ ਨੂੰ ਹੀ ਨਸੀਬ ਹੁੰਦਾ ਹੈ ਜੋ ਆਪਣੇ ਪਰਮਾਤਮਾ ਨੂੰ ਪਿਆਰੇ ਲੱਗਦੇ ਹਨ।੩।

ਹੇ ਸਭ ਤੋਂ ਉੱਚੇ, ਅਪਾਰ ਅਤੇ ਬੇਅੰਤ ਮਾਲਕ-ਪ੍ਰਭੂ! ਕੋਈ ਭੀ ਮਨੁੱਖ ਤੇਰੇ (ਸਾਰੇ) ਗੁਣ ਨਹੀਂ ਜਾਣ ਸਕਦਾ। ਜੇਹੜੇ ਮਨੁੱਖ (ਤੇਰੇ ਗੁਣ) ਗਾਂਦੇ ਹਨ, ਉਹ ਵਿਕਾਰਾਂ ਤੋਂ ਬਚ ਨਿਕਲਦੇ ਹਨ। ਜੇਹੜੇ ਮਨੁੱਖ (ਤੇਰੀਆਂ ਸਿਫ਼ਤਾਂ) ਸੁਣਦੇ ਹਨ, ਉਹਨਾਂ ਦੇ ਅਨੇਕਾਂ ਪਾਪ ਨਾਸ ਹੋ ਜਾਂਦੇ ਹਨ।

ਹੇ ਭਾਈ! ਪਰਮਾਤਮਾ ਪਸ਼ੂ-ਸੁਭਾਵ ਬੰਦਿਆਂ ਨੂੰ, ਅਤੇ ਮਹਾ ਮੂਰਖਾਂ ਨੂੰ (ਸੰਸਾਰ-ਸਮੁੰਦਰ ਤੋਂ) ਤਾਰ ਦੇਂਦਾ ਹੈ, ਬੜੇ ਬੜੇ ਕਠੋਰ-ਚਿੱਤ ਮਨੁੱਖਾਂ ਨੂੰ ਪਾਰ ਲੰਘਾ ਲੈਂਦਾ ਹੈ। ਹੇ ਨਾਨਕ! (ਆਖ—ਹੇ ਪ੍ਰਭੂ!) ਤੇਰੇ ਦਾਸ ਤੇਰੀ ਸਰਨ ਪਏ ਰਹਿੰਦੇ ਹਨ, ਅਤੇ ਸਦਾ ਹੀ ਤੈਥੋਂ ਸਦਕੇ ਹੁੰਦੇ ਹਨ।੪।੧।੪।

ਨੋਟ: ਇਹ ਚਉਪਦਾ ਘਰੁ ੨ ਦਾ ਪਹਿਲਾ ਸ਼ਬਦ ਹੈ।

ਬਿਲਾਵਲੁ ਮਹਲਾ ੫ ॥ ਬਿਖੈ ਬਨੁ ਫੀਕਾ ਤਿਆਗਿ ਰੀ ਸਖੀਏ ਨਾਮੁ ਮਹਾ ਰਸੁ ਪੀਓ ॥ ਬਿਨੁ ਰਸ ਚਾਖੇ ਬੁਡਿ ਗਈ ਸਗਲੀ ਸੁਖੀ ਨ ਹੋਵਤ ਜੀਓ ॥ ਮਾਨੁ ਮਹਤੁ ਨ ਸਕਤਿ ਹੀ ਕਾਈ ਸਾਧਾ ਦਾਸੀ ਥੀਓ ॥ ਨਾਨਕ ਸੇ ਦਰਿ ਸੋਭਾਵੰਤੇ ਜੋ ਪ੍ਰਭਿ ਅਪੁਨੈ ਕੀਓ ॥੧॥ ਹਰਿਚੰਦਉਰੀ ਚਿਤ ਭ੍ਰਮੁ ਸਖੀਏ ਮ੍ਰਿਗ ਤ੍ਰਿਸਨਾ ਦ੍ਰੁਮ ਛਾਇਆ ॥ ਚੰਚਲਿ ਸੰਗਿ ਨ ਚਾਲਤੀ ਸਖੀਏ ਅੰਤਿ ਤਜਿ ਜਾਵਤ ਮਾਇਆ ॥ ਰਸਿ ਭੋਗਣ ਅਤਿ ਰੂਪ ਰਸ ਮਾਤੇ ਇਨ ਸੰਗਿ ਸੂਖੁ ਨ ਪਾਇਆ ॥ ਧੰਨਿ ਧੰਨਿ ਹਰਿ ਸਾਧ ਜਨ ਸਖੀਏ ਨਾਨਕ ਜਿਨੀ ਨਾਮੁ ਧਿਆਇਆ ॥੨॥ ਜਾਇ ਬਸਹੁ ਵਡਭਾਗਣੀ ਸਖੀਏ ਸੰਤਾ ਸੰਗਿ ਸਮਾਈਐ ॥ ਤਹ ਦੂਖ ਨ ਭੂਖ ਨ ਰੋਗੁ ਬਿਆਪੈ ਚਰਨ ਕਮਲ ਲਿਵ ਲਾਈਐ॥ ਤਹ ਜਨਮ ਨ ਮਰਣੁ ਨ ਆਵਣ ਜਾਣਾ ਨਿਹਚਲੁ ਸਰਣੀ ਪਾਈਐ ॥ ਪ੍ਰੇਮ ਬਿਛੋਹੁ ਨ ਮੋਹੁ ਬਿਆਪੈ ਨਾਨਕ ਹਰਿ ਏਕੁ ਧਿਆਈਐ ॥ ੩ ॥ ਦ੍ਰਿਸਟਿ ਧਾਰਿ ਮਨੁ ਬੇਧਿਆ ਪਿਆਰੇ ਰਤੜੇ ਸਹਜਿ ਸੁਭਾਏ ॥ ਸੇਜ ਸੁਹਾਵੀ ਸੰਗਿ ਮਿਲਿ ਪ੍ਰੀਤਮ ਅਨਦ ਮੰਗਲ ਗੁਣ ਗਾਏ ॥ ਸਖੀ ਸਹੇਲੀ ਰਾਮ ਰੰਗਿ ਰਾਤੀ ਮਨ ਤਨ ਇਛ ਪੁਜਾਏ ॥ ਨਾਨਕ ਅਚਰਜੁ ਅਚਰਜ ਸਿਉ ਮਿਲਿਆ ਕਹਣਾ ਕਛੂ ਨ ਜਾਏ ॥੪॥੨॥੫॥ [ਪੰਨਾ ੮੦੨]

ਪਦ ਅਰਥ :–ਬਨੁ–ਪਾਣੀ [ਵਨੰ ਕਾਨਨੇ ਜਲੇ]। ਬਿਖੈ ਬਨੁ–ਵਿਸ਼ੇ-ਵਿਕਾਰਾਂ ਦਾ ਜਲ। ਰੀ ਸਖੀਏ–ਹੇ ਸਹੇਲੀਏ! ਮਹਾ ਰਸੁ–ਬੜਾ ਸੁਆਦਲਾ ਅੰਮ੍ਰਿਤ। ਬੁਡਿ ਗਈ–ਡੁੱਬ ਰਹੀ ਹੈ। ਸਗਲੀ–ਸਾਰੀ (ਸ੍ਰਿਸ਼ਟੀ)। ਜੀਓ–ਜੀਉ, ਜਿੰਦ। ਮਾਨੁ–ਫ਼ਖ਼ਰ, ਆਸਰਾ। ਮਹਤੁ–ਵਡੱਪਣ। ਸਕਤਿ–ਤਾਕਤਿ, ਸ਼ਕਤੀ। ਕਾਈ–[ਇਸਤ੍ਰੀ ਲਿੰਗ] ਕੋਈ ਹੀ। ਥੀਓ–ਹੋ ਜਾ। ਸੇ–ਉਹ ਬੰਦੇ [ਬਹੁ ਵਚਨ]। ਦਰਿ–(ਪ੍ਰਭੂ ਦੇ) ਦਰ ਤੇ। ਪ੍ਰਭਿ–ਪ੍ਰਭੂ ਨੇ। ਪ੍ਰਭਿ ਅਪੁਨੈ–ਆਪਣੇ ਪ੍ਰਭੂ ਨੇ। ਕੀਓ–ਕਰ ਲਏ। ੧।

ਹਰਿਚੰਦਉਰੀ–ਹਰਿਚੰਦ ਨਗਰੀ, ਹਵਾਈ ਕਿਲ੍ਹਾ। ਭ੍ਰਮੁ–ਭਰਮ, ਭੁਲੇਖਾ। ਮ੍ਰਿਗ-ਤ੍ਰਿਸਨਾ–ਠਗ-ਨੀਰਾ। ਦ੍ਰੁਮ–ਰੁੱਖ। ਛਾਇਆ–ਛਾਂ। ਚੰਚਲਿ–[ਇਸਤ੍ਰੀ ਲਿੰਗ] ਕਿਤੇ ਇੱਕ ਥਾਂ ਨਾਂਹ ਟਿਕਣ ਵਾਲੀ। ਸੰਗਿ–ਨਾਲ। ਅੰਤਿ–ਆਖ਼ਰ ਨੂੰ। ਰਸਿ–ਸੁਆਦ ਨਾਲ। ਅਤਿ–ਬਹੁਤ। ਮਾਤੇ–ਮਸਤ। ਇਨ ਸੰਗਿ–ਇਹਨਾਂ ਦੀ ਸੰਗਤਿ ਵਿਚ ਰਿਹਾਂ। ਧੰਨਿ–ਭਾਗਾਂ ਵਾਲੇ। ੨।

ਜਾਇ–ਜਾ ਕੇ। ਬਸਹੁ–ਟਿਕੋ। ਤਹ–ਉਥੇ। ਨ ਬਿਆਪੈ–ਜ਼ੋਰ ਨਹੀਂ ਪਾ ਸਕਦਾ। ਲਿਵ–ਸੁਰਤਿ। ਬਿਛੋਹੁ–ਵਿਛੋੜਾ। ੩।

ਧਾਰਿ—ਧਾਰ ਕੇ, ਕਰ ਕੇ। ਦ੍ਰਿਸਟਿ—ਨਿਗਾਹ, ਨਜ਼ਰ। ਬੇਧਿਆ—ਵਿੰਨ੍ ਲਿਆ। **ਸਹਜਿ**—ਆਤਮਕ ਅਡੋਲਤਾ ਵਿਚ। ਸੁਭਾਇ—ਸੁਭਾਇ, ਪਿਆਰ ਵਿਚ। ਸੇਜ—ਹਿਰਦਾ-ਸੇਜ। **ਸੁਹਾਵੀ**—ਸੁਖਾਵੀਂ, ਸੁਖ ਦੇਣ ਵਾਲੀ। ਮਿਲਿ—ਮਿਲ ਕੇ। ਗਾਏ—ਗਾਇ, ਗਾ ਕੇ। **ਰੰਗਿ**—ਰੰਗ ਵਿਚ, ਪ੍ਰੇਮ ਵਿਚ। ਅਚਰਜੁ—ਹੈਰਾਨ ਕਰਨ ਵਾਲੀ ਹਾਲਤ ਵਿਚ ਪਹੁੰਚਿਆ ਹੋਇਆ ਜੀਵ। ੪।

ਅਰਥ :—ਹੇ ਸਹੇਲੀਏ! ਵਿਸ਼ੇ ਵਿਕਾਰਾਂ ਦਾ ਬੇ-ਸੁਆਦਾ ਪਾਣੀ (ਪੀਣਾ) ਛੱਡ ਦੇ। ਸਦਾ ਨਾਮ-ਅੰਮ੍ਰਿਤ ਪੀਆ ਕਰ,ਇਹ ਬਹੁਤ ਸੁਆਦਲਾ ਹੈ।(ਨਾਮ-ਅੰਮ੍ਰਿਤ ਦਾ) ਸੁਆਦ ਨਾਂਹ ਚੱਖਣ ਕਰਕੇ, ਸਾਰੀ ਸ੍ਰਿਸ਼ਟੀ (ਵਿਸ਼ੇ-ਵਿਕਾਰਾਂ ਦੇ ਪਾਣੀ ਵਿਚ) ਡੁੱਬ ਰਹੀ ਹੈ, (ਫਿਰ ਭੀ) ਜਿੰਦ ਸੁਖੀ ਨਹੀਂ ਹੁੰਦੀ। ਕੋਈ (ਹੋਰ) ਆਸਰਾ, ਕੋਈ ਵਡੱਪਣ ਕੋਈ ਤਾਕਤ (ਨਾਮ-ਅੰਮ੍ਰਿਤ ਦੀ ਪ੍ਰਾਪਤੀ ਦਾ ਸਾਧਨ ਨਹੀਂ ਬਣ ਸਕਦੇ)। ਹੇ ਸਹੇਲੀਏ! (ਨਾਮ-ਜਲ ਦੀ ਪ੍ਰਾਪਤੀ ਵਾਸਤੇ) ਗੁਰਮੁਖਾਂ ਦੀ ਦਾਸੀ ਬਣੀ ਰਹੁ।ਹੇ ਨਾਨਕ! ਪ੍ਰਭੂ ਦੇ ਦਰ ਤੇ ਉਹ ਬੰਦੇ ਸੋਭਾ ਵਾਲੇ ਹੁੰਦੇ ਹਨ, ਜਿਨ੍ਹਾਂ ਨੂੰ ਪਿਆਰੇ ਪ੍ਰਭੂ ਨੇ ਆਪ ਹੀ ਸੋਭਾ ਵਾਲੇ ਬਣਾਇਆ ਹੈ। ੧।

ਹੇ ਸਹੇਲੀਏ! ਇਹ ਮਾਇਆ (ਮਾਨੋ) ਹਵਾਈ ਕਿਲ੍ਹਾ ਹੈ,ਮਨ ਨੂੰ ਭਟਕਣਾ ਵਿਚ ਪਾਣ ਦਾ ਸਾਧਨ ਹੈ, ਠਗ ਨੀਰਾ ਹੈ, ਰੁੱਖ ਦੀ ਛਾਂ ਹੈ। ਕਦੇ ਭੀ ਇੱਕ ਥਾਂ ਨਾਂਹ ਟਿਕ ਸਕਣ ਵਾਲੀ ਇਹ ਮਾਇਆ ਕਿਸੇ ਦੇ ਨਾਲ ਨਹੀਂ ਜਾਂਦੀ, ਇਹ ਆਖ਼ਰ ਨੂੰ (ਸਾਥ) ਛੱਡ ਜਾਂਦੀ ਹੈ। ਸੁਆਦ ਨਾਲ ਦੁਨੀਆ ਦੇ ਪਦਾਰਥ ਭੋਗਣੇ, ਦੁਨੀਆ ਦੇ ਰੂਪਾਂ ਤੇ ਰਸਾਂ ਵਿਚ ਮਸਤ ਰਹਿਣਾ—ਹੇ ਸਖੀਏ! ਇਹਨਾਂ ਦੀ ਸੰਗਤਿ ਵਿਚ ਆਤਮਕ ਆਨੰਦ ਨਹੀਂ ਲੱਭਦਾ। ਹੇ ਨਾਨਕ! (ਆਖ—) ਹੇ ਸਹੇਲੀਏ! ਭਾਗਾਂ ਵਾਲੇ ਹਨ ਪਰਮਾਤਮਾ ਦੇ ਭਗਤ ਜਿਨ੍ਹਾਂ ਨੇ ਸਦਾ ਪਰਮਾਤਮਾ ਦਾ ਨਾਮ ਸਿਮਰਿਆ ਹੈ। ੨।

ਹੇ ਭਾਗਾਂ ਵਾਲੀ ਸਹੇਲੀਏ!ਜਾ ਕੇ ਸਾਧ ਸੰਗਤਿ ਵਿਚ ਟਿਕਿਆ ਕਰ।ਗੁਰਮੁਖਾਂ ਦੀ ਸੰਗਤਿ ਵਿਚ ਹੀ ਸਦਾ ਟਿਕਣਾ ਚਾਹੀਦਾ ਹੈ। ਉਥੇ ਟਿਕਿਆਂ ਦੁਨੀਆ ਦੇ ਦੁੱਖ, ਮਾਇਆ ਦੀ ਤ੍ਰਿਸ਼ਨਾ, ਕੋਈ ਰੋਗ ਆਦਿਕ—ਇਹ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। (ਸਾਧ ਸੰਗਤਿ ਵਿਚ ਜਾ ਕੇ) ਪ੍ਰਭੂ ਦੇ ਸੋਹਣੇ ਚਰਨਾਂ ਵਿਚ ਸੁਰਤਿ ਜੋੜਨੀ ਚਾਹੀਦੀ ਹੈ। ਸਾਧ ਸੰਗਤਿ ਵਿਚ ਰਿਹਾਂ ਜਨਮ ਮਰਨ ਦਾ ਗੇੜ ਨਹੀਂ ਵਿਆਪਦਾ, ਮਨ ਦੀ ਅਡੋਲਤਾ ਕਾਇਮ ਰਹਿੰਦੀ ਹੈ। ਸੋ, ਪ੍ਰਭੂ ਦੀ ਸਰਨ ਵਿਚ ਹੀ ਪਏ ਰਹਿਣਾ ਚਾਹੀਦਾ ਹੈ। ਹੇ ਨਾਨਕ! (ਸਾਧ ਸੰਗਤਿ ਦੀ ਬਰਕਤਿ ਨਾਲ) ਪ੍ਰਭੂ-ਪ੍ਰੇਮ ਦੀ ਅਣਹੋਂਦ, ਮਾਇਆ ਦਾ ਮੋਹ—ਇਹ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। ਸਤ ਸੰਗਤਿ ਵਿਚ ਸਦਾ ਪਰਮਾਤਮਾ ਦਾ ਨਾਮ ਸਿਮਰ ਸਕੀਦਾ ਹੈ। ੩।

ਹੇ ਪਿਆਰੇ (ਪ੍ਰਭੂ) ! ਮੇਹਰ ਦੀ ਨਿਗਾਹ ਕਰ ਕੇ ਤੂ ਜਿਨ੍ਹਾਂ ਦਾ ਮਨ ਆਪਣੇ ਚਰਨਾਂ ਵਿਚ ਪ੍ਰੋ ਲਿਆ ਹੈ, ਉਹ ਆਤਮਕ ਅਡੋਲਤਾ ਵਿਚ, ਪ੍ਰੇਮ ਵਿਚ, ਸਦਾ ਰੰਗੇ ਰਹਿੰਦੇ ਹਨ। ਹੇ ਪ੍ਰੀਤਮ ! ਤੇਰੇ (ਚਰਨਾਂ) ਨਾਲ ਮਿਲ ਕੇ ਉਹਨਾਂ ਦਾ ਹਿਰਦਾ ਆਨੰਦ-ਭਰਪੂਰ ਹੋ ਜਾਂਦਾ ਹੈ, ਤੇਰੇ ਗੁਣ ਗਾ ਗਾ ਕੇ ਉਹਨਾਂ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ।

ਹੇ ਨਾਨਕ !ਜੇਹੜੀਆਂ (ਸਤਸੰਗੀ) ਸਹੇਲੀਆਂ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀਆਂ ਰਹਿੰਦੀਆਂ ਹਨ, ਪ੍ਰਭੂ ਉਹਨਾਂ ਦੇ ਮਨ ਦੀ ਤਨ ਦੀ ਹਰੇਕ ਇੱਛਾ ਪੂਰੀ ਕਰਦਾ ਹੈ, ਉਹਨਾਂ ਦੀ (ਉੱਚੀ ਹੋ ਚੁਕੀ) ਜਿੰਦ ਅਚਰਜ-ਰੂਪ ਪ੍ਰਭੂ ਨਾਲ (ਇਉਂ) ਮਿਲ ਜਾਂਦੀ ਹੈ ਕਿ (ਉਸ ਅਵਸਥਾ ਦਾ) ਬਿਆਨ ਨਹੀਂ ਕੀਤਾ ਜਾ ਸਕਦਾ। ੪। ੨। ੫।

ਰਾਗੁ ਬਿਲਾਵਲੁ ਮਹਲਾ ੫ ਘਰੁ ੪

ੴ ਸਤਿਗੁਰ ਪ੍ਰਸਾਦਿ ॥ ਏਕ ਰੂਪ ਸਗਲੋ ਪਾਸਾਰਾ ॥ ਆਪੇ ਬਨਜੁ ਆਪਿ ਬਿਉਹਾਰਾ ॥ ੧ ॥ ਐਸੋ ਗਿਆਨੁ ਬਿਰਲੋ ਈ ਪਾਏ ॥ ਜਤ ਜਤ ਜਾਈਐ ਤਤ ਦ੍ਰਿਸਟਾਏ ॥ ੧ ॥ ਰਹਾਉ ॥ ਅਨਿਕ ਰੰਗ ਨਿਰਗੁਨ ਇਕ ਰੰਗਾ॥ਆਪੇ ਜਲੁ ਆਪ ਹੀ ਤਰੰਗਾ॥੨॥ ਆਪ ਹੀ ਮੰਦਰੁ ਆਪਹਿ ਸੇਵਾ ॥ ਆਪ ਹੀ ਪੂਜਾਰੀ ਆਪ ਹੀ ਦੇਵਾ ॥੩॥ ਆਪਹਿ ਜੋਗ ਆਪ ਹੀ ਜੁਗਤਾ ॥ ਨਾਨਕ ਕੇ ਪ੍ਰਭ ਸਦ ਹੀ ਮੁਕਤਾ॥੪॥੧॥੬॥[ਪੰਨਾ ੮੦੩]

ਨੋਟ—ਇਥੋਂ ਅਗਾਂਹ ਘਰੁ ੪ ਦੇ ਚਉਪਦੇ ਸ਼ੁਰੂ ਹੁੰਦੇ ਹਨ।

ਪਦ ਅਰਥ :—ਏਕ ਰੂਪ—ਇਕ (ਪਰਮਾਤਮਾ ਦੇ ਅਨੇਕਾਂ) ਰੂਪ।ਸਗਲੋ—ਸਾਰਾ। ਪਾਸਾਰਾ—ਜਗਤ-ਖਿਲਾਰਾ। ਆਪੇ—ਆਪ ਹੀ। ੧।

ਗਿਆਨੁ—ਸੂਝ। ਈ—ਹੀ। ਬਿਰਲੋ ਈ—ਕੋਈ ਵਿਰਲਾ ਮਨੁੱਖ ਹੀ। ਜਤ ਜਤ—ਜਿੱਥੇ ਜਿੱਥੇ। ਦ੍ਰਿਸਟਾਇ—ਦਿੱਸਦਾ ਹੈ। ੧। ਰਹਾਉ।

ਨਿਰਗੁਨ—ਜਿਸ ਉਤੇ ਮਾਇਆ ਦੇ ਤਿੰਨ ਗੁਣਾਂ ਦਾ ਪ੍ਰਭਾਵ ਨਹੀਂ ਪੈਂਦਾ। ਤਰੰਗਾ—ਲਹਿਰਾਂ। ੨।

ਆਪ ਹੀ—ਆਪਿ ਹੀ [ਲਫ਼ਜ਼ 'ਆਪਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ]। ਆਪਹਿ—ਆਪ ਹਿ; ਆਪਿ ਹੀ। ਦੇਵਾ—ਦੇਵਤਾ। ੩।

ਜੋਗ—ਜੋਗੀ। ਜੁਗਤਾ—ਜੁਗਤਿ, ਜੋਗ ਦੀ ਜੁਗਤੀ, ਜੋਗ ਦੇ ਸਾਧਨ। ਮੁਕਤਾ—ਨਿਰਲੇਪ। ੪।

ਅਰਥ :—ਹੇ ਭਾਈ ! ਜਗਤ ਵਿਚ ਜਿਸ ਜਿਸ ਪਾਸੇ ਚਲੇ ਜਾਈਏ, ਹਰ ਥਾਂ

ਪਰਮਾਤਮਾ ਹੀ ਨਜ਼ਰੀਂ ਆਉਂਦਾ ਹੈ। ਪਰ ਇਹ ਸੂਝ ਕੋਈ ਵਿਰਲਾ ਮਨੁੱਖ ਹੀ ਹਾਸਲ ਕਰਦਾ ਹੈ। ੧। ਰਹਾਉ।

ਹੇ ਭਾਈ! ਇਹ ਸਾਰਾ ਜਗਤ-ਖਿਲਾਰਾ ਉਸ ਇੱਕ (ਪਰਮਾਤਮਾ ਦੇ ਹੀ ਅਨੇਕਾਂ) ਰੂਪ ਹਨ। (ਸਭ ਜੀਵਾਂ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ (ਜਗਤ ਦਾ) ਵਣਜ-ਵਿਹਾਰ ਕਰ ਰਿਹਾ ਹੈ। ੧।

ਹੇ ਭਾਈ ! ਸਦਾ ਇਕ-ਰੰਗ ਰਹਿਣ ਵਾਲੇ ਅਤੇ ਮਾਇਆ ਦੇ ਤਿੰਨ ਗੁਣਾਂ ਤੋਂ ਨਿਰਲੇਪ ਪਰਮਾਤਮਾ ਦੇ ਹੀ (ਜਗਤ ਵਿਚ ਦਿੱਸ ਰਹੇ) ਅਨੇਕਾਂ ਰੰਗ-ਤਮਾਸ਼ੇ ਹਨ। ਉਹ ਪ੍ਰਭੂ ਆਪ ਹੀ ਪਾਣੀ ਹੈ, ਤੇ, ਆਪ ਹੀ (ਪਾਣੀ ਵਿਚ ਉਠ ਰਹੀਆਂ) ਲਹਿਰਾਂ ਹੈ [ਜਿਵੇਂ ਪਾਣੀ ਅਤੇ ਪਾਣੀ ਦੀਆਂ ਲਹਿਰਾਂ ਇੱਕੋ ਰੂਪ ਹਨ, ਤਿਵੇਂ ਪਰਮਾਤਮਾ ਤੋਂ ਹੀ ਜਗਤ ਦੇ ਅਨੇਕਾਂ ਰੂਪ ਰੰਗ ਬਣੇ ਹਨ]। ੨।

ਹੇ ਭਾਈ ! ਪ੍ਰਭੂ ਆਪ ਹੀ ਮੰਦਰ ਹੈ, ਆਪ ਹੀ ਸੇਵਾ-ਭਗਤੀ ਹੈ, ਆਪ ਹੀ (ਮੰਦਰ ਵਿਚ) ਦੇਵਤਾ ਹੈ,ਤੇਆਪ ਹੀ (ਦੇਵਤੇ ਦਾ) ਪੁਜਾਰੀ । ੩।

ਹੇ ਭਾਈ !ਪ੍ਰਭੂ ਆਪ ਹੀ ਜੋਗੀ ਹੈ, ਆਪ ਹੀ ਜੋਗ ਦੇ ਸਾਧਨ ਹੈ। (ਸਭ ਜੀਵਾਂ ਵਿਚ ਵਿਆਪਕ ਹੁੰਦਾ ਹੋਇਆ ਭੀ) ਨਾਨਕ ਦਾ ਪਰਮਾਤਮਾ ਸਦਾ ਹੀ ਨਿਰਲੇਪ ਹੈ। ੪।੧।੬।

ਨੋਟ—ਅੰਕ ੧ ਦੱਸਦਾ ਹੈ ਕਿ ਘਰੁ ੪ ਦਾ ਇਹ ਪਹਿਲਾ ਚਉਪਦਾ ਹੈ।

ਬਿਲਾਵਲੁ ਮਹਲਾ ੫ ॥ ਆਪਿ ਉਪਾਵਨ ਆਪਿ ਸਧਰਨਾ ॥ ਆਪਿ ਕਰਾਵਨ ਦੋਸੁ ਨ ਲੈਨਾ ॥ ੧ ॥ ਆਪਨ ਬਚਨੁ ਆਪ ਹੀ ਕਰਨਾ ॥ ਆਪਨ ਬਿਭਉ ਆਪ ਹੀ ਜਰਨਾ ॥ ੧ ॥ ਰਹਾਉ ॥ ਆਪ ਹੀ ਮਸਟਿ ਆਪ ਹੀ ਬੁਲਨਾ ॥ ਆਪ ਹੀ ਅਛਲੁ ਨ ਜਾਈ ਛਲਨਾ ॥੨॥ਆਪ ਹੀ ਗੁਪਤ ਆਪਿ ਪਰਗਟਨਾ ॥ ਆਪ ਹੀ ਘਟਿ ਘਟਿ ਆਪਿ ਅਲਿਪਨਾ ॥ ੩ ॥ ਆਪੇ ਅਵਿਗਤੁ ਆਪ ਸੰਗਿ ਰਚਨਾ ॥ ਕਹੁ ਨਾਨਕ ਪ੍ਰਭ ਕੇ ਸਭਿ ਜਚਨਾ ॥੪॥੨॥੭॥ [ਪੰਨਾ ੮੦੩]

ਪਦ ਅਰਥ :—ਉਪਾਵਨ—ਪੈਦਾ ਕਰਨ (ਵਾਲਾ)। ਸਧਰਨਾ—[ਧਰ—ਆਸਰਾ] ਆਸਰਾ ਦੇਣ ਵਾਲਾ। ਕਰਾਵਨ—(ਜੀਵਾਂ ਪਾਸੋਂ ਕੰਮ) ਕਰਾਣ ਵਾਲਾ। ੧।

ਬਚਨੁ—ਹੁਕਮ । ਬਿਭਉ—ਪ੍ਰਤਾਪ, ਐਸ਼ਵਰਜ। ਜਰਨਾ—ਜਰਦਾ ਹੈ, (ਦੁੱਖ) ਸਹਾਰਦਾ ਹੈ। ੧। ਰਹਾਉ।

ਮਸਟਿ—ਚੁੱਪ । ਬੁਲਨਾ—ਬੋਲਦਾ। ੨।

ਘਟਿ ਘਟਿ—ਹਰੇਕ ਘਰ ਵਿਚ। ਅਲਿਪਨਾ—ਨਿਰਲੇਪ। ੩।

ਆਪੇ—ਆਪ ਹੀ। ਅਵਿਗਤੁ—ਅਵਿਅਕਤ[अव्यक्त] ਅਦ੍ਰਿਸ਼ਟ। ਸੰਗਿ—ਨਾਲ। ਰਚਨਾ—ਸ੍ਰਿਸ਼ਟੀ। ਸਭਿ—ਸਾਰੇ। ਜਰਨਾ—ਕੌਤਕ, ਚੋਜ। ੪।

ਅਰਥ :—ਹੇ ਭਾਈ! (ਹਰੇਕ ਜੀਵ ਵਿਚ ਵਿਆਪਕ ਹੋ ਕੇ) ਆਪਣਾ ਬੋਲ (ਪ੍ਰਭੂ ਆਪ ਹੀ ਬੋਲ ਰਿਹਾ ਹੈ, ਅਤੇ) ਆਪ ਹੀ (ਉਸ ਬੋਲ ਦੇ ਅਨੁਸਾਰ ਕੰਮ) ਕਰ ਰਿਹਾ ਹੈ। ੧। ਰਹਾਉ।

ਹੇ ਭਾਈ! ਪ੍ਰਭੂ ਆਪ ਹੀ (ਸਭ ਜੀਵਾਂ ਨੂੰ) ਪੈਦਾ ਕਰਨ ਵਾਲਾ ਹੈ, ਅਤੇ ਆਪ ਹੀ (ਸਭ ਨੂੰ) ਸਹਾਰਾ ਦੇਣ ਵਾਲਾ ਹੈ। (ਸਭ ਵਿਚ ਵਿਆਪਕ ਹੋ ਕੇ) ਪ੍ਰਭੂ ਆਪ ਹੀ (ਸਭ ਜੀਵਾਂ ਪਾਸੋਂ) ਕੰਮ ਕਰਾਣ ਵਾਲਾ ਹੈ, ਪਰ ਪ੍ਰਭੂ (ਇਹਨਾਂ ਕੰਮਾਂ ਦਾ) ਦੋਸ਼ ਆਪਣੇ ਉੱਤੇ ਨਹੀਂ ਲੈਂਦਾ। ੧।

(ਹਰੇਕ ਵਿਚ ਮੌਜੂਦ ਹੈ। ਜੇ ਕੋਈ ਮੋਨ ਧਾਰੀ ਬੈਠਾ ਹੈ, ਤਾਂ ਉਸ ਵਿਚ) ਪ੍ਰਭੂ ਆਪ ਹੀ ਮੋਨਧਾਰੀ ਹੈ, (ਜੇ ਕੋਈ ਬੋਲ ਰਿਹਾ ਹੈ, ਤਾਂ ਉਸ ਵਿਚ) ਆਪ ਹੀ ਪ੍ਰਭੂ ਬੋਲ ਰਿਹਾ ਹੈ। ਪ੍ਰਭੂ ਆਪ ਹੀ (ਕਿਸੇ ਵਿਚ ਬੈਠਾ) ਮਾਇਆ ਦੇ ਪ੍ਰਭਾਵ ਤੋਂ ਪਰੇ ਹੈ,ਮਾਇਆ ਉਸ ਨੂੰ ਛਲ ਨਹੀਂ ਸਕਦੀ। ੨।

ਹੇ ਭਾਈ! ਪ੍ਰਭੂ ਆਪ ਹੀ (ਸਭ ਜੀਵਾਂ ਵਿਚ) ਲੁਕਿਆ ਬੈਠਾ ਹੈ, ਤੇ, (ਜਗਤ-ਰਚਨਾ ਦੇ ਰੂਪ ਵਿਚ) ਆਪ ਹੀ ਪ੍ਰਤੱਖ ਦਿੱਸ ਰਿਹਾ ਹੈ। ਪ੍ਰਭੂ ਆਪ ਹੀ ਹਰੇਕ ਸਰੀਰ ਵਿਚ ਵੱਸ ਰਿਹਾ ਹੈ, (ਹਰੇਕ ਵਿਚ ਵੱਸਦਾ ਹੋਇਆ) ਪ੍ਰਭੂ ਆਪ ਹੀ ਨਿਰਲੇਪ ਹੈ। ੩।

ਹੇ ਭਾਈ! ਪ੍ਰਭੂ ਆਪ ਹੀ ਅਦ੍ਰਿਸ਼ਟ ਹੈ, ਆਪ ਹੀ (ਆਪਣੀ ਰਚੀ) ਸ੍ਰਿਸ਼ਟੀ ਦੇ ਨਾਲ ਮਿਲਿਆ ਹੋਇਆ ਹੈ। ਹੇ ਨਾਨਕ! ਆਖ—(ਜਗਤ ਵਿਚ ਦਿੱਸ ਰਹੇ ਇਹ) ਸਾਰੇ ਕੌਤਕ ਪ੍ਰਭੂ ਦੇ ਆਪਣੇ ਹੀ ਹਨ। ੪। ੨। ੭।

ਬਿਲਾਵਲੁ ਮਹਲਾ ੫ ॥ਭੂਲੇ ਮਾਰਗੁ ਜਿਨਹਿ ਬਤਾਇਆ ॥ ਐਸਾ ਗੁਰੁ ਵਡਭਾਗੀ ਪਾਇਆ ॥ ੧ ॥ ਸਿਮਰਿ ਮਨਾ ਰਾਮਨਾਮੁ ਚਿਤਾਰੇ ॥ ਬਸਿ ਰਹੇ ਹਿਰਦੈ ਗੁਰ ਚਰਨ ਪਿਆਰੇ ॥੧॥ ਰਹਾਉ ॥ ਕਾਮਿ ਕ੍ਰੋਧਿ ਲੋਭਿ ਮੋਹਿ ਮਨੁ ਲੀਨਾ ॥ ਬੰਧਨ ਕਾਟਿ ਮੁਕਤਿ ਗੁਰਿ ਕੀਨਾ ॥ ੨॥ ਦੁਖ ਸੁਖ ਕਰਤ ਜਨਮਿ ਫੁਨਿ ਮੂਆ ॥ ਚਰਨ ਕਮਲ ਗੁਰਿ ਆਸ੍ਰਮੁ ਦੀਆ ॥੩॥ ਅਗਨਿ ਸਾਗਰ ਬੂਡਤ ਸੰਸਾਰਾ ॥ ਨਾਨਕ ਬਾਹ ਪਕਰਿ ਸਤਿਗੁਰਿ ਨਿਸਤਾਰਾ ॥ ੪ ॥ ੩ ॥ ੮ ॥ [ਪੰਨਾ ੮੦੩]

ਪਦ ਅਰਥ :—ਭੂਲੇ—(ਜੀਵਨ ਦੇ ਸਹੀ ਰਸਤੇ ਤੋਂ) ਖੁੰਝੇ ਜਾ ਰਹੇ ਨੂੰ। ਮਾਰਗੁ

(ਜੀਵਨ ਦਾ ਸਹੀ) ਰਸਤਾ। ਜਿਨਹਿ—ਜਿਨਿ ਹੀ, ਜਿਸ (ਗੁਰੂ) ਨੇ। ਵਡ ਭਾਗੀ—ਵਡੇ ਭਾਗਾਂ ਨਾਲ।੧।

ਮਨਾ—ਹੇ ਮਨ! ਚਿਤਾਰੇ—ਚਿਤਾਰਿ, ਚਿਤਾਰ ਕੇ, ਧਿਆਨ ਜੋੜ ਕੇ। ਹਿਰਦੈ—ਹਿਰਦੇ ਵਿਚ।੧।ਰਹਾਉ।

ਕਾਮਿ—ਕਾਮ ਵਿਚ। ਕ੍ਰੋਧਿ—ਕ੍ਰੋਧ ਵਿਚ। ਲੀਨਾ—ਫਸਿਆ ਹੋਇਆ। ਕਾਟਿ—ਕੱਟ ਕੇ। ਗੁਰਿ—ਗੁਰੂ ਨੇ। ਮੁਕਤਿ—ਖ਼ਲਾਸੀ।੨।

ਕਰਤ—ਕਰਦਿਆਂ। ਜਨਮਿ—ਜਨਮ ਵਿਚ (ਆ ਕੇ), ਜੰਮ ਕੇ। ਫੁਨਿ—ਮੁੜ। ਗੁਰਿ—ਗੁਰੂ ਨੇ। ਆਸ੍ਰਮੁ—ਸਹਾਰਾ, ਟਿਕਾਣਾ।੩।

ਅਗਨਿ ਸਾਗਰ—(ਤ੍ਰਿਸ਼ਨਾ ਦੀ) ਅੱਗ ਦਾ ਸਮੁੰਦਰ। ਬੂਡਤ—ਡੁੱਬ ਰਿਹਾ ਹੈ। ਪਕਰਿ—ਫੜ ਕੇ। ਸਤਿਗੁਰਿ—ਸਤਿਗੁਰੂ ਨੇ। ਨਿਸਤਾਰਾ—ਪਾਰ ਲੰਘਾ ਦਿੱਤਾ।੪।

ਅਰਥ :—ਹੇ (ਮੇਰੇ) ਮਨ! ਧਿਆਨ ਜੋੜ ਕੇ ਪਰਮਾਤਮਾ ਦਾ ਨਾਮ ਸਿਮਰਿਆ ਕਰ।(ਪਰ ਉਹੀ ਮਨੁੱਖ ਹਰਿ-ਨਾਮ ਸਿਮਰ ਸਕਦਾ ਹੈ, ਜਿਸ ਦੇ)ਹਿਰਦੇ ਵਿਚ ਪਿਆਰੇ ਗੁਰੂ ਦੇ ਚਰਨ ਵੱਸੇ ਰਹਿੰਦੇ ਹਨ (ਤਾਂ ਤੇ, ਹੇ ਮਨ! ਤੂੰ ਭੀ ਗੁਰੂ ਦਾ ਆਸਰਾ ਲੈ)।੧।ਰਹਾਉ।

(ਹੇ ਮਨ!) ਇਹੋ ਜਿਹਾ ਗੁਰੂ ਵਡੇ ਭਾਗਾਂ ਨਾਲ ਹੀ ਮਿਲਦਾ ਹੈ, ਜਿਹੜਾ (ਜੀਵਨ ਦੇ ਸਹੀ ਰਸਤੇ ਤੋਂ) ਖੁੰਝੇ ਜਾ ਰਹੇ ਮਨੁੱਖ ਨੂੰ (ਜ਼ਿੰਦਗੀ ਦਾ ਸਹੀ) ਰਸਤਾ ਦੱਸ ਦੇਂਦਾ ਹੈ।੧।

(ਹੇ ਮਨ! ਵੇਖ, ਮਨੁੱਖ ਦਾ) ਮਨ (ਸਦਾ)ਕਾਮ ਵਿਚ ਕ੍ਰੋਧ ਵਿਚ ਲੋਭ ਵਿਚ ਮੋਹ ਵਿਚ ਫਸਿਆ ਰਹਿੰਦਾ ਹੈ। (ਪਰ ਜਦੋਂ ਉਹ ਗੁਰੂ ਦੇ ਸਰਨ ਆਇਆ), ਗੁਰੂ ਨੇ (ਉਸ ਦੇ ਇਹ ਸਾਰੇ) ਬੰਧਨ ਕੱਟ ਕੇ ਉਸ ਨੂੰ (ਇਹਨਾਂ ਵਿਕਾਰਾਂ ਤੋਂ) ਖ਼ਲਾਸੀ ਦੇ ਦਿੱਤੀ।੨।

ਹੇ ਮਨ! ਦੁੱਖ ਸੁਖ ਕਰਦਿਆਂ ਮਨੁੱਖ ਕਦੇ ਮਰਦਾ ਹੈ ਕਦੇ ਜੀਉ ਪੈਂਦਾ ਹੈ (ਦੁੱਖ ਵਾਪਰਿਆਂ ਸਹਿਮ ਜਾਂਦਾ ਹੈ, ਸੁਖ ਮਿਲਣ ਤੇ ਸੌਖਾ ਸਾਹ ਲੈਣ ਲੱਗ ਪੈਂਦਾ ਹੈ। ਇਸ ਤਰ੍ਹਾਂ ਡੁਬਕੀਆਂ ਲੈਂਦਾ ਮਨੁੱਖ ਜਦੋਂ ਗੁਰੂ ਦੀ ਸਰਨ ਆਇਆ) ਗੁਰੂ ਨੇ ਉਸ ਨੂੰ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਸਰਾ ਦੇ ਦਿੱਤਾ।੩।

ਹੇ ਨਾਨਕ! ਜਗਤ ਤ੍ਰਿਸ਼ਨਾ ਦੀ ਅੱਗ ਦੇ ਸਮੁੰਦਰ ਵਿਚ ਡੁੱਬ ਰਿਹਾ ਹੈ।(ਜੇਹੜਾ ਮਨੁੱਖ ਗੁਰੂ ਦੀ ਸਰਨ ਪਿਆ) ਗੁਰੂ ਨੇ (ਉਸ ਦੀ) ਬਾਂਹ ਫੜ ਕੇ (ਉਸ ਨੂੰ ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਾ ਦਿੱਤਾ।੪।੩।੮।

ਬਿਲਾਵਲੁ ਮਹਲਾ ੫ ॥ ਤਨੁ ਮਨੁ ਧਨੁ ਅਰਪਉ ਸਭੁ ਅਪਨਾ ॥ ਕਵਨ ਸੁਮਤਿ ਜਿਤੁ ਹਰਿ ਹਰਿ ਜਪਨਾ ॥੧॥ ਕਰਿ ਆਸਾ ਆਇਓ ਪ੍ਰਭ ਮਾਗਨਿ ॥ ਤੁਮ ਪੇਖਤ ਸੋਭਾ ਮੇਰੈ ਆਗਨਿ ॥ ੧ ॥ ਰਹਾਉ ॥ ਅਨਿਕ ਜੁਗਤਿ ਕਰਿ ਬਹੁਤੁ ਬੀਚਾਰਉ ॥ ਸਾਧ ਸੰਗਿ ਇਸੁ ਮਨਹਿ ਉਧਾਰਉ ॥ ੨ ॥ ਮਤਿ ਬੁਧਿ ਸੁਰਤਿ ਨਾਹੀ ਚਤੁਰਾਈ ॥ ਤਾ ਮਿਲੀਐ ਜਾ ਲਏ ਮਿਲਾਈ ॥੩ ॥ ਨੈਨ ਸੰਤੋਖੇ ਪ੍ਰਭ ਦਰਸਨੁ ਪਾਇਆ॥ ਕਹੁ ਨਾਨਕ ਸਫਲੁ ਸੋ ਆਇਆ ॥ ੪ ॥ ੪ ॥ ੯ ॥ [ਪੰਨਾ ੮੦੪]

ਪਦ ਅਰਥ :–ਅਰਪਉ–ਅਰਪਉਂ, ਮੈਂ ਭੇਟਾ ਕਰਦਾ ਹਾਂ, ਮੈਂ ਭੇਟਾ ਕਰਨ ਨੂੰ ਤਿਆਰ ਹਾਂ । ਕਵਨ–ਕੇਹੜੀ ? ਸੁਮਤਿ–ਚੰਗੀ ਮਤਿ । ਜਿਤੁ–ਜਿਸ ਦੀ ਰਾਹੀਂ । ੧ ।

ਕਰਿ–ਕਰ ਕੇ, ਧਾਰ ਕੇ । ਪ੍ਰਭ–ਹੇ ਪ੍ਰਭੂ ! ਮਾਗਨਿ–ਮੰਗਣ ਵਾਸਤੇ । ਤੁਮ੍ ਪੇਖਤ–ਤੇਰਾ ਦਰਸਨ ਕਰਦਿਆਂ [ਅੱਖਰ 'ਮ੍, ਦੇ ਨਾਲ ਅੱਧਾ 'ਹ' ਹੈ] । ਸੋਭਾ–ਰੌਣਕ, ਉਤਸ਼ਾਹ । ਮੇਰੈ ਆਗਨਿ–ਮੇਰੇ (ਹਿਰਦੇ-) ਵੇਹੜੇ ਵਿਚ । ੧ । ਰਹਾਉ ।

ਜੁਗਤਿ–ਢੰਗ । ਬੀਚਾਰਉ–ਬੀਚਾਰਉਂ, ਮੈਂ ਵਿਚਾਰਦਾ ਹਾਂ ।ਸੰਗਿ–ਸੰਗ ਵਿਚ। ਮਨਹਿ–ਮਨ ਨੂੰ ! ਉਧਾਰਉ–ਉਧਾਰਉਂ, ਮੈਂ ਬਚਾ ਸਕਦਾ ਹਾਂ । ੨ ।

ਤਾ–ਤਦੋਂ ਹੀ । ਜਾ–ਜਦੋਂ । ਲਏ ਮਿਲਾਈ–ਮਿਲਾ ਲਏ । ੩ ।

ਨੈਨ–ਅੱਖਾਂ । ਸੰਤੋਖੇ–ਰੱਜ ਗਏ । ਸੋ–ਉਹ ਮਨੁੱਖ । ੪ ।

ਅਰਥ :–ਹੇ ਪ੍ਰਭੂ ! ਆਸਾ ਧਾਰ ਕੇ ਮੈਂ (ਤੇਰੇ ਦਰ ਤੇ ਤੇਰੇ ਨਾਮ ਦੀ ਦਾਤਿ) ਮੰਗਣ ਆਇਆ ਹਾਂ । ਤੇਰਾ ਦਰਸਨ ਕੀਤਿਆਂ ਮੇਰੇ (ਹਿਰਦੇ-) ਵੇਹੜੇ ਵਿਚ ਉਤਸ਼ਾਹ ਪੈਦਾ ਹੋ ਜਾਂਦਾ ਹੈ । ੧ । ਰਹਾਉ ।

ਹੇ ਭਾਈ ! ਉਹ ਕੇਹੜੀ ਚੰਗੀ ਸਿੱਖਿਆ ਹੈ ਜਿਸ ਦੀ ਬਰਕਤਿ ਨਾਲ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ ? (ਜੇ ਕੋਈ ਗੁਰਮੁਖਿ ਮੈਨੂੰ ਉਹ ਸੁਮਤਿ ਦੇ ਦੇਵੇ, ਤਾਂ)ਮੈਂ ਆਪਣਾ ਸਰੀਰ ਆਪਣਾ ਮਨ ਆਪਣਾ ਧਨ ਸਭ ਕੁਝ ਭੇਟਾ ਕਰਨ ਨੂੰ ਤਿਆਰ ਹਾਂ । ੧ ।

ਹੇ ਭਾਈ ! ਮੈਂ ਅਨੇਕਾਂ ਢੰਗ (ਆਪਣੇ ਸਾਹਮਣੇ) ਰੱਖ ਕੇ ਬੜਾ ਵਿਚਾਰਦਾ ਹਾਂ (ਕਿ ਕਿਸ ਢੰਗ ਨਾਲ ਇਸ ਨੂੰ ਵਿਕਾਰਾਂ ਤੋਂ ਬਚਾਇਆ ਜਾਏ । ਅਖ਼ੀਰ ਤੇ ਇਹੀ ਸਮਝ ਆਉਂਦੀ ਹੈ ਕਿ) ਗੁਰਮੁਖਾਂ ਦੀ ਸੰਗਤਿ ਵਿਚ (ਹੀ) ਇਸ ਮਨ ਨੂੰ(ਵਿਕਾਰਾਂ ਤੋਂ) ਮੈਂ ਬਚਾ ਸਕਦਾ ਹਾਂ । ੨ ।

ਹੇ ਭਾਈ! ਕਿਸੇ ਮਤਿ, ਕਿਸੇ ਅਕਲ, ਕਿਸੇ ਧਿਆਨ, ਕਿਸੇ ਭੀ ਚਤੁਰਾਈ ਨਾਲ

ਪਰਮਾਤਮਾ ਨਹੀਂ ਮਿਲ ਸਕਦਾ। ਜਦੋਂ ਉਹ ਪ੍ਰਭੂ ਆਪ ਹੀ ਜੀਵ ਨੂੰ ਮਿਲਾਂਦਾ ਹੈ ਤਦੋਂ ਹੀ ਉਸ ਨੂੰ ਮਿਲ ਸਕੀਦਾ ਹੈ। ੩।

ਹੇ ਨਾਨਕ! ਆਖ–ਉਸ ਮਨੁੱਖ ਦਾ ਜਗਤ ਵਿਚ ਆਉਣਾ ਮੁਬਾਰਿਕ ਹੈ, ਜਿਸ ਨੇ ਪਰਮਾਤਮਾ ਦਾ ਦਰਸਨ ਕਰ ਲਿਆ ਹੈ, ਤੇ (ਦਰਸਨ ਦੀ ਬਰਕਤਿ ਨਾਲ) ਜਿਸ ਦੀਆਂ ਅੱਖਾਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਈਆਂ ਹਨ। ੪। ੪। ੯।

ਬਿਲਾਵਲੁ ਮਹਲਾ ੫ ॥ ਮਾਤ ਪਿਤਾ ਸੁਤ ਸਾਥਿ ਨ ਮਾਇਆ ॥ ਸਾਧ ਸੰਗਿ ਸਭੁ ਦੂਖੁ ਮਿਟਾਇਆ ॥ ੧ ॥ ਰਵਿ ਰਹਿਆ ਪ੍ਰਭੁ ਸਭ ਮਹਿ ਆਪੇ ॥ ਹਰਿ ਜਪੁ ਰਸਨਾ ਦੁਖੁ ਨ ਵਿਆਪੇ ॥ ੧ ॥ ਰਹਾਉ ॥ ਤਿਖਾ ਭੂਖ ਬਹੁ ਤਪਤਿ ਵਿਆਪਿਆ ॥ ਸੀਤਲ ਭਏ ਹਰਿ ਜਸੁ ਜਾਪਿਆ ॥ ੨ ॥ ਕੋਟਿ ਜਤਨ ਸੰਤੋਖੁ ਨ ਪਾਇਆ ॥ ਮਨੁ ਤ੍ਰਿਪਤਾਨਾ ਹਰਿਗੁਣ ਗਾਇਆ ॥ ੩ ॥ ਦੇਹੁ ਭਗਤਿ ਪ੍ਰਭ ਅੰਤਰਜਾਮੀ ॥ ਨਾਨਕ ਕੀ ਬੇਨੰਤੀ ਸੁਆਮੀ॥੪॥ ੫ ॥ ੧੦ ॥ [ਪੰਨਾ ੮੦੪]

ਪਦ ਅਰਥ :–ਸੁਤ–ਪੁੱਤਰ। ਸਾਧ ਸੰਗਿ–ਗੁਰਮੁਖਾਂ ਦੀ ਸੰਗਤਿ। ਸਭੁ ਸਾਰਾ। ੧।

ਰਵਿ ਰਹਿਆ–ਮੌਜੂਦ ਹੈ। ਆਪੇ–ਆਪ ਹੀ। ਰਸਨਾ–ਜੀਭ (ਨਾਲ)। ਨ ਵਿਆਪੇ–ਜ਼ੋਰ ਨਹੀਂ ਪਾ ਸਕਦਾ। ੧। ਰਹਾਉ।

ਤਿਖਾ–ਮਾਇਆ ਦੀ ਤ੍ਰੇਹ। ਤਪਤਿ–ਤਪਸ਼, ਸੜਨ, ਖਿੱਝ। ਵਿਆਪਿਆ–ਫਸਿਆ ਹੋਇਆ। ੨।

ਕੋਟਿ–ਕ੍ਰੋੜਾਂ। ਤ੍ਰਿਪਤਾਨਾ–ਰੱਜ ਜਾਂਦਾ ਹੈ। ੩।

ਪ੍ਰਭ–ਹੇ ਪ੍ਰਭੂ! ਸੁਆਮੀ–ਹੇ ਮਾਲਕ! ੪।

ਅਰਥ :–ਹੇ ਭਾਈ! (ਜੇਹੜਾ) ਪਰਮਾਤਮਾ ਆਪ ਹੀ ਸਭ ਜੀਵਾਂ ਵਿਚ ਵਿਆਪਕ ਹੈ ਉਸ (ਦੇ ਨਾਮ) ਦਾ ਜਾਪ ਜੀਭ ਨਾਲ ਕਰਦਾ ਰਹੁ (ਇਸ ਤਰ੍ਹਾਂ) ਕੋਈ ਦੁੱਖ ਜ਼ੋਰ ਨਹੀਂ ਪਾ ਸਕਦਾ। ੧। ਰਹਾਉ।

ਹੇ ਭਾਈ! ਮਾਂ, ਪਿਉ, ਪੁੱਤਰ, ਮਾਇਆ–(ਇਹਨਾਂ ਵਿਚੋਂ ਕੋਈ ਭੀ ਜੀਵ ਦਾ ਸਦਾ ਲਈ) ਸਾਥੀ ਨਹੀਂ ਬਣ ਸਕਦਾ, (ਦੁੱਖ ਵਾਪਰਨ ਤੇ ਭੀ ਸਹਾਈ ਨਹੀਂ ਬਣ ਸਕਦਾ)। ਗੁਰੂ ਦੀ ਸੰਗਤਿ ਵਿਚ ਟਿਕਿਆਂ ਸਾਰਾ ਦੁੱਖ-ਕਲੇਸ਼ ਦੂਰ ਕਰ ਸਕੀਦਾ ਹੈ। ੧।

ਹੇ ਭਾਈ! ਜਗਤ ਮਾਇਆ ਦੀ ਤ੍ਰਿਸ਼ਨਾ, ਮਾਇਆ ਦੀ ਭੁੱਖ ਤੇ ਸੜਨ ਵਿਚ ਫਸਿਆ ਪਿਆ ਹੈ। ਜੇਹੜੇ ਮਨੁੱਖ ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਦੇ ਹਨ, (ਉਹਨਾਂ ਦੇ ਹਿਰਦੇ) ਠੰਢੇ-ਠਾਰ ਹੋ ਜਾਂਦੇ ਹਨ। ੨।

ਹੇ ਭਾਈ ! ਕ੍ਰੋੜਾਂ ਜਤਨ ਕੀਤਿਆਂ ਭੀ(ਮਾਇਆ ਦੀ ਤ੍ਰਿਸ਼ਨਾ ਵਲੋਂ)ਸੰਤੋਖ ਪ੍ਰਾਪਤ ਨਹੀਂ ਹੁੰਦਾ। ਪ੍ਰਭੂ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਇਆਂ ਮਨ ਰੱਜ ਜਾਂਦਾ ਹੈ।੩।

ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ ਪ੍ਰਭੂ ! ਹੇ ਮਾਲਕ ! (ਤੇਰੇ ਦਾਸ) ਨਾਨਕ ਦੀ (ਤੇਰੇ ਦਰ ਤੇ) ਬੇਨਤੀ ਹੈ ਕਿ ਆਪਣੀ ਭਗਤੀ ਦਾ ਦਾਨ ਦੇਹ। ੪। ੫। ੧੦।

ਬਿਲਾਵਲੁ ਮਹਲਾ ੫ ॥ ਗੁਰੁ ਪੂਰਾ ਵਡਭਾਗੀ ਪਾਈਐ ॥ ਮਿਲਿ ਸਾਧੂ ਹਰਿਨਾਮੁ ਧਿਆਈਐ॥੧॥ਪਾਰਬ੍ਰਹਮ ਪ੍ਰਭ ਤੇਰੀ ਸਰਨਾ ॥ ਕਿਲਬਿਖ ਕਾਟੈ ਭਜੁ ਗੁਰ ਕੇ ਚਰਨਾ ॥੧॥ ਰਹਾਉ ॥ ਅਵਰਿ ਕਰਮ ਸਭਿ ਲੋਕਾਚਾਰ ॥ ਮਿਲਿ ਸਾਧੂ ਸੰਗਿ ਹੋਇ ਉਧਾਰ ॥ ੨ ॥ ਸਿੰਮ੍ਰਿਤਿ ਸਾਸਤ ਬੇਦ ਬੀਚਾਰੇ॥ ਜਪੀਐ ਨਾਮੁ ਜਿਤੁ ਪਾਰਿ ਉਤਾਰੇ ॥ ੩ ॥ ਜਨ ਨਾਨਕ ਕਉ ਪ੍ਰਭ ਕਿਰਪਾ ਕਰੀਐ ॥ ਸਾਧੂ ਧੂਰਿ ਮਿਲੈ ਨਿਸਤਰੀਐ ॥ ੪ ॥ ੬ ॥ ੧੧॥ [੮੦੪]

ਪਦ ਅਰਥ :–ਵਡਭਾਗੀ–ਵੱਡੀ ਕਿਸਮਤ ਨਾਲ। ਮਿਲਿ–ਮਿਲ ਕੇ। ਸਾਧੂ–ਗੁਰੂ (ਨੂੰ) ।੧।

ਪ੍ਰਭ–ਹੇ ਪ੍ਰਭੂ ! ਬਿਲਬਿਖ–ਪਾਪ। ਭਜੁ–ਆਸਰਾ ਲੈ। ੧। ਰਹਾਉ।

ਅਵਰਿ–[ਲਫ਼ਜ਼ 'ਅਵਰ' ਤੋਂ ਬਹੁ ਵਚਨ] ਹੋਰ (ਸਾਰੇ)। ਸਭਿ–ਸਾਰੇ। ਲੋਕਾਚਾਰ–ਲੋਕ ਆਚਾਰ, ਜਗਤ ਦਾ ਰਿਵਾਜ ਪੂਰਾ ਕਰਨ ਵਾਲੇ। ਸੰਗਿ–ਸੰਗਤਿ ਵਿਚ। ਉਧਾਰ–ਪਾਰ-ਉਤਾਰਾ। ੨।

ਸਿੰਮ੍ਰਿਤਿ–ਇਹਨਾਂ ਦੀ ਗਿਣਤੀ ੨੭ ਦੇ ਕਰੀਬ ਹੈ। ਵੇਦ ਆਦਿਕਾਂ ਦੇ ਵਾਕਾਂ ਨੂੰ ਚੇਤੇ ਕਰ ਕੇ ਹਿੰਦੂ-ਸਮਾਜ ਦੀ ਅਗਵਾਈ ਲਈ ਲਿਖੇ ਹੋਏ ਧਾਰਮਿਕ ਗ੍ਰੰਥ। ਸਾਸਤ –ਸ਼ਾਸਤ੍ਰ, ਹਿੰਦੂ-ਫਲਸਫ਼ੇ ਦੇ ਗ੍ਰੰਥ–ਸਾਂਖ, ਪਤੰਜਲ ਜਾਂ ਜੋਗ, ਨਿਆਇ, ਵੈਸ਼ੇਸ਼ਿਕ, ਮੀਮਾਂਸਾ, ਵੇਦਾਂਤ। ਜਿਤੁ–ਜਿਸ ਦੀ ਰਾਹੀਂ। ੩।

ਪ੍ਰਭ–ਹੇ ਪ੍ਰਭੂ ! ਧੂਰਿ–ਚਰਨ-ਧੂੜ। ਨਿਸਤਰੀਐ–ਪਾਰ ਲੰਘ ਸਕੀਦਾ ਹੈ ।੪।

ਅਰਥ :–ਹੇ ਪਾਰਬ੍ਰਹਮ ਪ੍ਰਭੂ ! (ਮੈਂ) ਤੇਰੀ ਸਰਨ ਆਇਆ ਹਾਂ (ਮੈਨੂੰ ਗੁਰੂ ਮਿਲਾ)। ਹੇ ਭਾਈ ! ਗੁਰੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਵਸਾ ਲੈ, ਗੁਰੂ ਸਾਰੇ ਪਾਪ ਕੱਟ ਦੇਂਦਾ ਹੈ। ੧। ਰਹਾਉ।

ਹੇ ਭਾਈ ! ਪੂਰੀ ਵੱਡੀ ਕਿਸਮਤ ਨਾਲ (ਹੀ) ਗੁਰੂ ਮਿਲਦਾ ਹੈ। ਗੁਰੂ ਨੂੰ ਮਿਲ ਕੇ (ਹੀ) ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ। ੧।

ਹੇ ਭਾਈ ! (ਗੁਰੂ ਦੀ ਸਰਨ ਤੋਂ ਬਿਨਾ) ਹੋਰ ਸਾਰੇ ਕਰਮ ਨਿਰਾ ਵਿਖਾਵਾ ਹੀ ਹਨ। ਗੁਰੂ ਦੀ ਸੰਗਤਿ ਵਿਚ ਮਿਲ ਕੇ (ਹੀ) ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ ਹੁੰਦਾ ਹੈ। ੧।

ਹੇ ਭਾਈ ! ਸਾਰੇ ਸ਼ਾਸਤ੍ਰ, ਸਿੰਮ੍ਰਿਤੀਆਂ ਅਤੇ ਵੇਦ ਵਿਚਾਰ ਕੇ ਵੇਖ ਲਏ ਹਨ। (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਹੀ ਸਿਮਰਨਾ ਚਾਹੀਦਾ ਹੈ, ਇਸ ਹਰਿ-ਨਾਮ ਦੀ ਰਾਹੀਂ ਹੀ ਗੁਰੂ ਪਾਰ ਲੰਘਾਂਦਾ ਹੈ। ੩।

ਹੇ ਪ੍ਰਭੂ ! ਆਪਣੇ ਦਾਸ ਨਾਨਕ ਉਤੇ ਮੇਹਰ ਕਰ। (ਤੇਰੇ ਦਾਸ ਨੂੰ) ਗੁਰੂ ਦੇ ਚਰਨਾਂ ਦੀ ਧੂੜ ਮਿਲ ਜਾਏ। (ਗੁਰੂ ਦੀ ਕਿਰਪਾ ਨਾਲ ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘੀਦਾ ਹੈ। ੪। ੬। ੧੧।

ਬਿਲਾਵਲੁ ਮਹਲਾ ੫ ॥ ਗੁਰ ਕਾ ਸਬਦੁ ਰਿਦੇ ਮਹਿ ਚੀਨ੍ਹਾ ॥ ਸਗਲ ਮਨੋਰਥ ਪੂਰਨ ਆਸੀਨਾ ॥ ੧ ॥ ਸੰਤ ਜਨਾ ਕਾ ਮੁਖੁ ਊਜਲੁ ਕੀਨ੍ਹਾ ॥ ਕਰਿ ਕਿਰਪਾ ਅਪੁਨਾ ਨਾਮੁ ਦੀਨਾ ॥ ੧ ॥ ਰਹਾਉ॥ ਅੰਧ ਕੂਪ ਤੇ ਕਰੁ ਗਹਿ ਲੀਨਾ ॥ ਜੈਜੈਕਾਰੁ ਜਗਤਿ ਪ੍ਰਗਟੀਨਾ ॥ ੨ ॥ ਨੀਚਾ ਤੇ ਊਚ ਊਨ ਪੂਰੀਨਾ ॥ ਅੰਮ੍ਰਿਤ ਨਾਮੁ ਮਹਾ ਰਸੁ ਲੀਨਾ ॥ ੩ ॥ ਮਨ ਤਨ ਨਿਰਮਲ ਪਾਪ ਜਲਿ ਖੀਨਾ ॥ ਕਹੁ ਨਾਨਕ ਪ੍ਰਭ ਭਏ ਪ੍ਰਸੀਨਾ ॥ ੪ ॥ ੭॥ ੧੨ ॥ [ਪੰਨਾ ੮੦੪]

ਪਦ ਅਰਥ :-ਰਿਦੇ ਮਹਿ-ਹਿਰਦੇ ਵਿਚ। ਚੀਨ੍ਹਾ-ਪਛਾਣਿਆ, ਵਿਚਾਰਿਆ। ਸਗਲ-ਸਾਰੇ। ਆਸੀਨਾ-ਆਸਾਂ। ੧।

ਊਜਲੁ-ਉਜਲਾ, ਰੌਸ਼ਨ। ਕੀਨ੍ਹਾ-ਕਰ ਦਿਤਾ। ਕਰਿ-ਕਰ ਕੇ। ੧।ਰਹਾਉ।

ਅੰਧ ਕੂਪ ਤੇ-ਅੰਨ੍ਹੇ ਖੂਹ ਤੋਂ। ਕਰੁ-ਹੱਥ। ਗਹਿ-ਫੜ ਕੇ। ਜੈ ਜੈਕਾਰੁ-ਫ਼ਤਹ ਦਾ ਡੰਕਾ, ਬਹੁਤ ਸੋਭਾ। ਜਗਤਿ-ਜਗਤ ਵਿਚ। ੨।

ਊਨ-ਊਣੇ, ਖ਼ਾਲੀ। ਪੂਰੀਨਾ-ਭਰ ਦਿੱਤੇ। ਮਹਾ ਰਸੁ-ਬਹੁਤ ਸੁਆਦਲਾ। ਅੰਮ੍ਰਿਤ-ਆਤਮਕ ਜੀਵਨ ਦੇਣ ਵਾਲਾ। ੩।

ਨਿਰਮਲ-ਪਵਿੱਤਰ। ਜਲਿ-ਸੜ ਕੇ। ਖੀਨਾ-ਮੁੱਕ ਗਏ। ਨਾਨਕ-ਹੇ ਨਾਨਕ! ਪ੍ਰਸੀਨਾ-ਪ੍ਰਸੰਨ। ੪।

ਅਰਥ :-ਹੇ ਭਾਈ ! ਪਰਮਾਤਮਾ ਨੇ ਮੇਹਰ ਕਰ ਕੇ (ਜਿਨ੍ਹਾਂ ਸੰਤ ਜਨਾਂ ਨੂੰ) ਆਪਣਾ ਨਾਮ ਬਖ਼ਸ਼ਿਆ, ਉਹਨਾਂ ਸੰਤ ਜਨਾਂ ਦਾ ਮੂੰਹ (ਲੋਕ ਪਰਲੋਕ ਵਿਚ) ਰੌਸ਼ਨ ਹੋ ਗਿਆ। ੧। ਰਹਾਉ।

ਹੇ ਭਾਈ ! (ਜਿਨ੍ਹਾਂ ਵਡ-ਭਾਗੀਆਂ ਨੇ) ਗੁਰੂ ਦਾ ਸ਼ਬਦ ਆਪਣੇ ਹਿਰਦੇ ਵਿਚ ਵਿਚਾਰਿਆ, ਉਹਨਾਂ ਦੇ ਸਾਰੇ ਮਨੋਰਥ ਪੂਰੇ ਹੋ ਗਏ, ਉਹਨਾਂ ਦੀਆਂ ਸਾਰੀਆਂ ਆਸਾਂ ਸਿਰੇ ਚੜ੍ਹ ਗਈਆਂ। ੧।

ਹੇ ਭਾਈ ! ਜਿਨ੍ਹਾਂ ਵਡ-ਭਾਗੀਆਂ ਨੂੰ ਪ੍ਰਭੂ ਨੇ ਮਾਇਆ ਦੇ ਮੋਹ ਦੇ) ਹਨੇਰੇ ਖੂਹ ਵਿਚੋਂ ਹੱਥ ਫੜ ਕੇ ਕੱਢ ਲਿਆ, ਸਾਰੇ ਜਗਤ ਵਿਚ ਉਹਨਾਂ ਦੀ ਬੜੀ ਸੋਭਾ ਖਿਲਰ ਗਈ । ੨ ।

ਹੇ ਭਾਈ ! (ਜਿਨ੍ਹਾਂ ਮਨੁੱਖਾਂ ਨੇ) ਆਤਮਕ ਜੀਵਨ ਦੇਣ ਵਾਲਾ ਅਤੇ ਬੜਾ ਸੁਆਦਲਾ ਹਰਿ-ਨਾਮ ਜਪਣਾ ਸ਼ੁਰੂ ਕਰ ਦਿੱਤਾ, ਉਹ ਨੀਵਿਆਂ ਤੋਂ ਉੱਚੇ ਬਣ ਗਏ, ਉਹ (ਪਹਿਲਾਂ ਗੁਣਾਂ ਤੋਂ) ਸੱਖਣੇ (ਗੁਣਾਂ ਨਾਲ) ਭਰ ਗਏ । ੩ ।

ਹੇ ਨਾਨਕ ! ਆਖ–(ਜਿਨ੍ਹਾਂ ਮਨੁੱਖਾਂ ਉਤੇ) ਪ੍ਰਭੂ ਜੀ ਪ੍ਰਸੰਨ ਹੋ ਗਏ, ਉਹਨਾਂ ਦੇ ਮਨ,ਉਹਨਾਂ ਦੇ ਸਰੀਰ ਪਵਿੱਤਰ ਹੋ ਗਏ, ਉਹਨਾਂ ਦੇ ਸਾਰੇ ਪਾਪ ਸੜ ਕੇ ਸੁਆਹ ਹੋ ਗਏ ।੪।੭।੧੨।

ਬਿਲਾਵਲੁ ਮਹਲਾ ੫ ।। ਸਗਲ ਮਨੋਰਥ ਪਾਈਅਹਿ ਮੀਤਾ ।। ਚਰਨ ਕਮਲ ਸਿਉ ਲਾਈਐ ਚੀਤਾ ।। ੧ ।। ਹਉ ਬਲਿਹਾਰੀ ਜੋ ਪ੍ਰਭੂ ਧਿਆਵਤ ॥ ਜਲਨਿ ਬੁਝੈ ਹਰਿ ਹਰਿ ਗੁਨ ਗਾਵਤ ॥ ੧ ॥ ਰਹਾਉ ॥ ਸਫਲ ਜਨਮੁ ਹੋਵਤ ਵਡਭਾਗੀ ।। ਸਾਧ ਸੰਗਿ ਰਾਮਹਿ ਲਿਵ ਲਾਗੀ ।।੨।। ਮਤਿ ਪਤਿ ਧਨੁ ਸੁਖ ਸਹਜ ਅਨੰਦਾ ।। ਇਕ ਨਿਮਖ ਨ ਵਿਸਰਹੁ ਪਰਮਾਨੰਦਾ।। ੩ ।। ਹਰਿ ਦਰਸਨ ਕੀ ਮਨਿ ਪਿਆਸ ਘਨੇਰੀ ।। ਭਨਤਿ ਨਾਨਕ ਸਰਣਿ ਪ੍ਰਭ ਤੇਰੀ ।।੪।।੮।।੧੩।। [ਪੰਨਾ ੮੦੫]

ਪਦ ਅਰਥ :–ਪਾਈਅਹਿ–[ਕਰਮ ਵਾਚ, ਵਰਤਮਾਨ ਕਾਲ, ਅੱਨ ਪੁਰਖ, ਬਹੁ ਵਚਨ] ਪਾ ਲਈਦੇ ਹਨ । ਮੀਤਾ–ਹੇ ਮਿੱਤਰ ! ਲਾਈਐ–ਲਾਣਾ ਚਾਹੀਦਾ ਹੈ । ੧ ।

ਹਉ–ਮੈਂ । ਜਲਨਿ–ਸੜਨ । ਗਾਵਤ–ਗਾਂਦਿਆਂ । ੧ । ਰਹਾਉ ।

ਸਫਲ–ਕਾਮਯਾਬ । ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ । ਰਾਮਹਿ–ਰਾਮ ਵਿਚ। ਲਿਵ–ਸੁਰਤਿ । ੨ ।

ਪਤਿ–ਇੱਜ਼ਤ । ਸਹਜ–ਆਤਮਕ ਅਡੋਲਤਾ । ਨਿਮਖ–[ਨਿਮੇਸ਼] ਅੱਖ ਝਮਕਣ ਜਿਤਨਾ ਸਮਾ । ਵਿਸਰਹੁ–ਭੁਲਾਵੋ । ਪਰਮਾਨੰਦਾ–ਸਭ ਤੋਂ ਉੱਚੇ ਆਨੰਦ ਦਾ ਮਾਲਕ-ਪ੍ਰਭੂ [ਪਰਮ-ਆਨੰਦ] । ੩ ।

ਮਨਿ–ਮਨ ਵਿਚ । ਘਨੇਰੀ–ਬਹੁਤ । ਭਨਤਿ–ਆਖਦਾ ਹੈ । ਪ੍ਰਭ–ਹੇ ਪ੍ਰਭੂ !੪।

ਅਰਥ :–ਹੇ ਭਾਈ ! ਮੈਂ ਉਹਨਾਂ ਮਨੁੱਖਾਂ ਤੋਂ ਕੁਰਬਾਨ ਜਾਂਦਾ ਹਾਂ, ਜੇਹੜੇ ਪ੍ਰਭੂ ਦਾ ਨਾਮ ਸਿਮਰਦੇ ਹਨ । ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ (ਮਾਇਆ ਦੀ ਤ੍ਰਿਸ਼ਨਾ ਅੱਗ ਦੀ) ਸੜਨ ਬੁੱਝ ਜਾਂਦੀ ਹੈ । ੧ । ਰਹਾਉ ।

ਹੇ ਮਿੱਤਰ ! ਪਰਮਾਤਮਾ ਦੇ ਕਉਲ ਫੁੱਲ (ਵਰਗੇ ਕੋਮਲ) ਚਰਨਾਂ ਵਿਚ ਚਿੱਤ ਜੋੜਨਾ ਚਾਹੀਦਾ ਹੈ। (ਇਸ ਤਰ੍ਹਾਂ) ਮਨ ਦੀਆਂ ਸਾਰੀਆਂ ਮੁਰਾਦਾਂ ਹਾਸਲ ਕਰ ਲਈਦੀਆਂ ਹਨ । ੧ ।

ਹੇ ਭਾਈ ! ਗੁਰੂ ਦੀ ਸੰਗਤਿ ਵਿਚ ਟਿਕ ਕੇ ਜਿਨ੍ਹਾਂ ਮਨੁੱਖਾਂ ਦੀ ਸੁਰਤਿ ਪ੍ਰਭੂ ਵਿਚ ਜੁੜਦੀ ਹੈ, ਉਹਨਾਂ ਵਡਭਾਗੀਆਂ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ ! ੨ ।

ਹੇ ਭਾਈ ! ਸਭ ਤੋਂ ਉੱਚੇ ਆਨੰਦ ਦੇ ਮਾਲਕ-ਪਰਮਾਤਮਾ ਦਾ ਨਾਮ ਅੱਖ ਝਮਕਣ ਜਿਤਨੇ ਸਮੇ ਲਈ ਭੀ ਨਾਂਹ ਭੁਲਾਵੋ ! (ਨਾਮ ਦੀ ਬਰਕਤ ਨਾਲ) ਮਤਿ (ਉੱਚੀ ਹੋ ਜਾਂਦੀ ਹੈ। (ਲੋਕ ਪਰਲੋਕ ਵਿਚ)ਇੱਜ਼ਤ (ਮਿਲਦੀ ਹੈ), ਆਤਮਕ ਅਡੋਲਤਾ ਦੇ ਸੁਖ-ਆਨੰਦ ਦਾ ਧਨ ਪ੍ਰਾਪਤ ਹੁੰਦਾ ਹੈ । ੩ ।

ਨਾਨਕ ਬੇਨਤੀ ਕਰਦਾ ਹੈ–ਹੇ ਪ੍ਰਭੂ ! ਮੈਂ ਤੇਰੀ ਸਰਨ ਆਇਆ ਹਾਂ । ਹੇ ਹਰੀ ! ਮੇਰੇ ਮਨ ਵਿਚ ਤੇਰਾ ਦਰਸਨ ਕਰਨ ਦੀ ਬੜੀ ਤਾਂਘ ਹੈ (ਮੇਰੀ ਇਹ ਤਾਂਘ ਪੂਰੀ ਕਰ) ।੪।੮।੧੩।

ਬਿਲਾਵਲੁ ਮਹਲਾ ੫ ॥ ਮੋਹਿ ਨਿਰਗੁਨ ਸਭ ਗੁਣਹ ਬਿਹੂਨਾ ॥ ਦਇਆ ਧਾਰਿ ਅਪੁਨਾ ਕਰਿ ਲੀਨਾ ॥੧॥ ਮੇਰਾ ਮਨੁ ਤਨੁ ਹਰਿ ਗੋਪਾਲਿ ਸੁਹਾਇਆ ॥ ਕਰਿ ਕਿਰਪਾ ਪ੍ਰਭੁ ਘਰ ਮਹਿ ਆਇਆ ॥ ੧ ॥ ਰਹਾਉ ॥ ਭਗਤਿ ਵਛਲ ਭੈ ਕਾਟਨਹਾਰੇ ॥ ਸੰਸਾਰ ਸਾਗਰ ਅਬ ਉਤਰੇ ਪਾਰੇ ॥੨॥ ਪਤਿਤ ਪਾਵਨ ਪ੍ਰਭ ਬਿਰਦੁ ਬੇਦਿ ਲੇਖਿਆ॥ਪਾਰਬ੍ਰਹਮੁ ਸੋ ਨੈਨਹੁ ਪੇਖਿਆ॥ ੩ ॥ ਸਾਧ ਸੰਗਿ ਪ੍ਰਗਟੇ ਨਾਰਾਇਣ ॥ ਨਾਨਕ ਦਾਸ ਸਭਿ ਦੂਖ ਪਲਾਇਣ ॥ ੪ ॥ ੯ ॥ ੧੪ ॥ [ਪੰਨਾ ੮੦੫]

ਪਦ ਅਰਥ :–ਮੋਹਿ–ਮੈਨੂੰ । ਨਿਰਗੁਨ–ਗੁਨ-ਹੀਨ (ਨੂੰ) । ਬਿਹੂਨਾ–ਸੱਖਣਾ । ਧਾਰਿ–ਧਾਰ ਕੇ, ਕਰ ਕੇ । ਕਰਿ ਲੀਨਾ–ਬਣਾ ਲਿਆ । ੧ ।

ਗੋਪਾਲਿ–ਗੋਪਾਲ ਨੇ । ਸੁਹਾਇਆ–ਸੋਹਣਾ ਬਣਾ ਦਿੱਤਾ ਹੈ। ਘਰ ਮਹਿ–ਹਿਰਦੇ ਵਿਚ। ੧। ਰਹਾਉ ।

ਭਗਤਿ ਵਛਲ–ਹੇ ਭਗਤੀ ਨਾਲ ਪਿਆਰ ਕਰਨ ਵਾਲੇ ! ਭੈ–ਸਾਰੇ ਡਰ । ਸਾਗਰ–ਸਮੁੰਦਰ । ਅਬ–ਹੁਣ (ਜਦੋਂ ਤੂ ਮੇਰੇ ਹਿਰਦੇ ਵਿਚ ਆ ਵੱਸਿਆ ਹੈਂ) ।੨।

ਪਤਿਤ ਪਾਵਨ–ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ । ਬਿਰਦੁ–ਮੁੱਢ-ਕਦੀਮਾਂ ਦਾ ਸੁਭਾਉ । ਬੇਦਿ–ਵੇਦ ਨੇ, ਵੇਦ (ਆਦਿਕ ਹਰੇਕ ਧਰਮ-ਪੁਸਤਕ) ਨੇ । ਨੈਨਹੁ–ਅੱਖਾਂ ਨਾਲ । ਪੇਖਿਆ–ਵੇਖ ਲਿਆ ਹੈ । ੩ ।

ਸੰਗਿ—ਸੰਗਤਿ ਵਿਚ। ਸਭਿ—ਸਾਰੇ। ਪਲਾਇਣ—ਦੂਰ ਹੋ ਗਏ ਹਨ। ੫।

ਅਰਥ :—ਹੇ ਭਾਈ! ਮੇਹਰ ਕਰ ਕੇ ਪ੍ਰਭੂ ਮੇਰੇ ਹਿਰਦੇ-ਘਰ ਵਿਚ ਆ ਵੱਸਿਆ ਹੈ, (ਇਸ ਤਰ੍ਹਾਂ ਉਸ) ਗੋਪਾਲ-ਪ੍ਰਭੂ ਨੇ ਮੇਰਾ ਮਨ ਅਤੇ ਮੇਰਾ ਸਰੀਰ ਸੋਹਣਾ ਬਣਾ ਦਿੱਤਾ ਹੈ।੧। ਰਹਾਉ।

ਹੇ ਭਾਈ! ਮੈਨੂੰ ਗੁਣ-ਹੀਨ ਨੂੰ ਸਾਰੇ ਗੁਣਾਂ ਤੋਂ ਸੱਖਣੇ ਨੂੰ, ਪ੍ਰਭੂ ਨੇ ਕਿਰਪਾ ਕਰ ਕੇ ਆਪਣਾ (ਦਾਸ) ਬਣਾ ਲਿਆ। ੧।

ਹੇ ਭਗਤੀ ਨਾਲ ਪਿਆਰ ਕਰਨ ਵਾਲੇ ਪ੍ਰਭੂ! ਹੇ ਸਾਰੇ ਡਰ ਦੂਰ ਕਰਨ ਵਾਲੇ ਪ੍ਰਭੂ! ਹੁਣ (ਜਦੋਂ ਤੂੰ ਮੇਰੇ ਹਿਰਦੇ-ਘਰ ਵਿਚ ਆ ਵੱਸਿਆ ਹੈਂ) ਮੈਂ (ਤੇਰੀ ਮੇਹਰ ਨਾਲ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ ਹਾਂ।੨।

ਹੇ ਭਾਈ! ਵੇਦ (ਆਦਿਕ ਹਰੇਕ ਧਰਮ-ਪੁਸਤਕ) ਨੇ ਜਿਸ ਪ੍ਰਭੂ ਦੀ ਬਾਬਤ ਲਿਖਿਆ ਹੈ ਕਿ ਉਹ ਵਿਕਾਰੀਆਂ ਨੂੰ ਭੀ ਪਵਿੱਤਰ ਕਰਨ ਵਾਲਾ ਹੈ, ਉਸ ਪ੍ਰਭੂ ਨੂੰ ਮੈਂ ਆਪਣੀਆਂ ਅੱਖਾਂ ਨਾਲ (ਹਰ ਥਾਂ ਵੱਸਦਾ) ਵੇਖ ਲਿਆ ਹੈ। ੩।

ਹੇ ਦਾਸ ਨਾਨਕ! (ਆਖ—) ਗੁਰੂ ਦੀ ਸੰਗਤਿ ਵਿਚ ਟਿਕਿਆਂ ਪਰਮਾਤਮਾ ਜਿਸ ਮਨੁੱਖ ਦੇ ਹਿਰਦੇ ਵਿਚ ਪਰਗਟ ਹੋ ਜਾਂਦਾ ਹੈ, ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ। ੪।੯।੧੪।

ਬਿਲਾਵਲੁ ਮਹਲਾ ੫ ॥ ਕਵਨੁ ਜਾਨੈ ਪ੍ਰਭ ਤੁਮ੍ਰੀ ਸੇਵਾ ॥ ਪ੍ਰਭ ਅਵਿਨਾਸੀ ਅਲਖ ਅਭੇਵਾ ॥੧॥ ਗੁਣ ਬੇਅੰਤ ਪ੍ਰਭ ਗਹਿਰ ਗੰਭੀਰੇ ॥ ਊਚ ਮਹਲ ਸੁਆਮੀ ਪ੍ਰਭ ਮੇਰੇ ॥ ਤੂ ਅਪਰੰਪਰ ਠਾਕੁਰ ਮੇਰੇ ॥੧॥ ਰਹਾਉ ॥ ਏਕਸ ਬਿਨੁ ਨਾਹੀ ਕੋ ਦੂਜਾ ॥ ਤੁਮ੍ ਹੀ ਜਾਨਹੁ ਅਪਨੀ ਪੂਜਾ ॥੨॥ ਆਪਹੁ ਕਛੂ ਨ ਹੋਵਤ ਭਾਈ ॥ ਜਿਸੁ ਪ੍ਰਭੁ ਦੇਵੈ ਸੋ ਨਾਮੁ ਪਾਈ ॥੩॥ ਕਹੁ ਨਾਨਕ ਜੋ ਜਨੁ ਪ੍ਰਭ ਭਾਇਆ ॥ ਗੁਣ ਨਿਧਾਨ ਪ੍ਰਭੁ ਤਿਨ ਹੀ ਪਾਇਆ ॥੪॥੧੦॥੧੫॥ [ਪੰਨਾ ੮੦੫]

ਪਦ ਅਰਥ :—ਕਵਨੁ ਜਾਨੈ—ਕੌਣ ਜਾਣਦਾ ਹੈ? ਕੋਈ ਨਹੀਂ ਜਾਣਦਾ। ਪ੍ਰਭ—ਹੇ ਪ੍ਰਭੂ! ਅਲਖ—ਹੇ ਅਦ੍ਰਿਸ਼ਟ! ਅਭੇਵਾ—ਹੇ ਪ੍ਰਭੂ ਜਿਸ ਦਾ (ਤੇਰਾ) ਭੇਤ ਨਹੀਂ ਪਾਇਆ ਜਾ ਸਕਦਾ।੧।

ਗਹਿਰ—ਹੇ ਡੂੰਘੇ! ਗੰਭੀਰ—ਹੇ ਵੱਡੇ ਜਿਗਰੇ ਵਾਲੇ! ਅਪਰੰਪਰ—ਪਰੇ ਤੋਂ ਪਰੇ। ੧। ਰਹਾਉ।

ਜਾਨਹੁ—ਤੂੰ ਜਾਣਦਾ ਹੈਂ। ੨।

ਆਪਹੁ—ਜੀਵ ਪਾਸੋਂ ਆਪਣੇ ਬਲ ਨਾਲ। ਭਾਈ—ਹੇ ਭਾਈ। ੩।

ਪ੍ਰਭ ਭਾਇਆ—ਪ੍ਰਭੂ ਨੂੰ ਚੰਗਾ ਲੱਗਾ। ਨਿਧਾਨ—ਖ਼ਜ਼ਾਨਾ। ਤਿਨ ਹੀ—ਤਿਨਿ ਹੀ, ਉਸ ਨੇ ਹੀ [ਲਫ਼ਜ਼ 'ਤਿਨ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ]। ੪।

ਅਰਥ :—ਹੇ ਡੂੰਘੇ ਪ੍ਰਭੂ ! ਹੇ ਵੱਡੇ ਜਿਗਰੇ ਵਾਲੇ ਪ੍ਰਭੂ ! ਹੇ ਮੇਰੇ ਮਾਲਕ ਪ੍ਰਭੂ ! ਹੇ ਮੇਰੇ ਠਾਕੁਰ ! ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ, ਜਿਨ੍ਹਾਂ ਆਤਮਕ ਮੰਡਲਾਂ ਵਿਚ ਤੂੰ ਰਹਿੰਦਾ ਹੈਂ ਉਹ ਬਹੁਤ ਉੱਚੇ ਹਨ, ਤੂੰ ਪਰੇ ਤੋਂ ਪਰੇ ਹੈਂ। ੧। ਰਹਾਉ।

ਹੇ ਨਾਸ-ਰਹਿਤ ਪ੍ਰਭੂ ! ਹੇ ਅਦ੍ਰਿਸ਼ਟ ਪ੍ਰਭੂ ! ਹੇ ਅਭੇਵ ਪ੍ਰਭੂ ! (ਆਪਣੀ ਅਕਲ ਦੇ ਬਲ) ਕੋਈ ਮਨੁੱਖ ਤੇਰੀ ਸੇਵਾ-ਭਗਤੀ ਕਰਨੀ ਨਹੀਂ ਜਾਣਦਾ। ੧।

ਹੇ ਪ੍ਰਭੂ ! ਤੈਥੋਂ ਇੱਕ ਤੋਂ ਬਿਨਾ (ਤੇਰੇ ਵਰਗਾ) ਹੋਰ ਕੋਈ ਨਹੀਂ ਹੈ। ਆਪਣੀ ਭਗਤੀ (ਕਰਨ ਦਾ ਢੰਗ) ਤੂੰ ਆਪ ਹੀ ਜਾਣਦਾ ਹੈਂ। ੨।

ਹੇ ਭਾਈ ! (ਜੀਵਾਂ ਪਾਸੋਂ) ਆਪਣੇ ਬਲ ਨਾਲ (ਪ੍ਰਭੂ ਦੀ ਭਗਤੀ) ਰਤਾ ਭਰ ਭੀ ਨਹੀਂ ਹੋ ਸਕਦੀ। ਉਹੀ ਮਨੁੱਖ ਹਰਿ-ਨਾਮ ਦੀ ਦਾਤਿ ਹਾਸਲ ਕਰਦਾ ਹੈ ਜਿਸ ਨੂੰ ਪ੍ਰਭੂ (ਆਪ) ਦੇਂਦਾ ਹੈ। ੩।

ਹੇ ਨਾਨਕ ! ਆਖ—ਜੇਹੜਾ ਮਨੁੱਖ ਪਰਮਾਤਮਾ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਉਸੇ ਨੇ ਹੀ ਗੁਣਾਂ ਦੇ ਖ਼ਜ਼ਾਨੇ ਪ੍ਰਭੂ (ਦਾ ਮਿਲਾਪ) ਪ੍ਰਾਪਤ ਕੀਤਾ ਹੈ।੪।੧੦।੧੫।

ਬਿਲਾਵਲੁ ਮਹਲਾ ੫ ॥ ਮਾਤ ਗਰਭ ਮਹਿ ਹਾਥ ਦੇ ਰਾਖਿਆ ॥ ਹਰਿ ਰਸੁ ਛੋਡਿ ਬਿਖਿਆ ਫਲੁ ਚਾਖਿਆ ॥੧॥ ਭਜੁ ਗੋਬਿੰਦ ਸਭ ਛੋਡਿ ਜੰਜਾਲ ॥ ਜਬ ਜਮੁ ਆਇ ਸੰਘਾਰੈ ਮੂੜੇ ਤਬ ਤਨੁ ਬਿਨਸਿ ਜਾਇ ਬੇਹਾਲ ॥੧॥ਰਹਾਉ॥ ਤਨੁ ਮਨੁ ਧਨੁ ਅਪਨਾ ਕਰਿ ਥਾਪਿਆ ॥ ਕਰਨਹਾਰੁ ਇਕ ਨਿਮਖ ਨ ਜਾਪਿਆ॥੨॥ਮਹਾ ਮੋਹ ਅੰਧ ਕੂਪ ਪਰਿਆ॥ਪਾਰਬ੍ਰਹਮੁ ਮਾਇਆ ਪਟਲਿ ਬਿਸਰਿਆ॥੩॥ਵਡੈ ਭਾਗਿ ਪ੍ਰਭ ਕੀਰਤਨੁ ਗਾਇਆ॥ ਸੰਤ ਸੰਗਿ ਨਾਨਕ ਪ੍ਰਭੁ ਪਾਇਆ ॥੪॥੧੧॥੧੬॥ [ਪੰਨਾ ੮੦੫]

ਪਦ ਅਰਥ :—ਗਰਭ—ਪੇਟ। ਮਹਿ—ਵਿਚ। ਦੇ—ਦੇ ਕੇ। ਰਸੁ—ਆਨੰਦ। ਛੋਡਿ-ਛੱਡ ਕੇ। ਬਿਖਿਆ—ਮਾਇਆ। ੧।

ਜੰਜਾਲ—ਮੋਹ ਦੀਆਂ ਤਣਾਵਾਂ। ਆਇ—ਆ ਕੇ। ਸੰਘਾਰੈ—ਮਾਰਦਾ ਹੈ। ਮੂੜੇ-ਹੇ ਮੂਰਖ ! ਬੇ ਹਾਲ—ਦੁੱਖੀ ਹੋ ਕੇ, ਦੁੱਖ ਭੋਗ ਕੇ। ੧। ਰਹਾਉ।

ਕਰਿ—ਕਰ ਕੇ। ਕਰਿ ਥਾਪਿਆ—ਮੰਨ ਰੱਖਿਆ ਹੈ। ਨਿਮਖੁ—[ਨਿਮੇਸ਼] ਅੱਖ ਝਮਕਣ ਜਿਤਨਾ ਸਮਾ। ੨।

ਅੰਧ ਕੂਪ—ਅੰਨ੍ਹਾ ਖੂਹ । ਪਟਲਿ—ਪਰਦੇ ਦੇ ਕਾਰਨ । ੩ ।

ਵਡੈ ਭਾਗਿ—ਵੱਡੀ ਕਿਸਮਤ ਨਾਲ । ਸੰਗਿ—ਸੰਗਤਿ ਵਿਚ ।੪ ।

ਅਰਥ :—ਹੇ ਮੂਰਖ (ਮਨੁੱਖ) ! ਮੋਹ ਦੀਆਂ ਸਾਰੀਆਂ ਤਣਾਵਾਂ ਛੱਡ ਕੇ ਪਰਮਾਤਮਾ ਦਾ ਨਾਮ ਜਪਿਆ ਕਰ । ਜਿਸ ਵੇਲੇ ਜਮਦੂਤ ਆ ਕੇ ਮਾਰੂ ਹੱਲਾ ਕਰਦਾ ਹੈ, ਉਸ ਵੇਲੇ ਸਰੀਰ ਦੁੱਖ ਸਹਾਰ ਕੇ ਨਾਸ ਹੋ ਜਾਂਦਾ ਹੈ । ੧ । ਰਹਾਉ ।

(ਹੇ ਮੂਰਖ ! ਜਿਸ ਪ੍ਰਭੂ ਨੇ ਤੈਨੂੰ) ਮਾਂ ਦੇ ਪੇਟ ਵਿਚ (ਆਪਣਾ) ਹੱਥ ਦੇ ਕੇ ਬਚਾਇਆ ਸੀ, ਉਸ ਦੇ ਨਾਮ ਦਾ ਆਨੰਦ ਭੁਲਾ ਕੇ ਤੂੰ ਮਾਇਆ ਦਾ ਫਲ ਚੱਖ ਰਿਹਾ ਹੈਂ । ੧ ।

(ਹੇ ਮੂਰਖ !) ਤੂੰ ਇਸ ਸਰੀਰ ਨੂੰ, ਇਸ ਧਨ ਨੂੰ ਆਪਣਾ ਮੰਨੀ ਬੈਠਾ ਹੈਂ, ਪਰ ਜਿਸ ਪ੍ਰਭੂ ਨੇ ਇਹਨਾਂ ਨੂੰ ਪੈਦਾ ਕੀਤਾ ਹੈ, ਉਸ ਨੂੰ ਤੂੰ ਪਲ ਭਰ ਭੀ ਨਹੀਂ ਸਿਮਰਿਆ । ੨ ।

(ਹੇ ਮੂਰਖ !) ਤੂੰ ਮੋਹ ਦੇ ਬੜੇ ਘੁੱਪ ਹਨੇਰੇ ਖੂਹ ਵਿਚ ਡਿੱਗਾ ਪਿਆ ਹੈਂ, ਮਾਇਆ (ਦੇ ਮੋਹ) ਦੇ ਪਰਦੇ ਦੇ ਓਹਲੇ ਤੈਨੂੰ ਪਰਮਾਤਮਾ ਭੁੱਲ ਚੁਕਾ ਹੈ । ੩ ।

ਹੇ ਨਾਨਕ ! ਜਿਸ ਮਨੁੱਖ ਨੇ ਵੱਡੀ ਕਿਸਮਤ ਨਾਲ ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ, ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ ਉਸਨੇ ਪ੍ਰਭੂ (ਦਾ ਮਿਲਾਪ) ਹਾਸਲ ਕਰ ਲਿਆ । ੪ । ੧੧ । ੧੬ ।

ਬਿਲਾਵਲੁ ਮਹਲਾ ੫ ॥ ਮਾਤ ਪਿਤਾ ਸੁਤ ਬੰਧਪ ਭਾਈ ॥ ਨਾਨਕ ਹੋਆ ਪਾਰਬ੍ਰਹਮੁ ਸਹਾਈ ॥੧॥ ਸੂਖ ਸਹਜ ਆਨੰਦ ਘਣੇ ॥ ਗੁਰੁ ਪੂਰਾ ਪੂਰੀ ਜਾ ਕੀ ਬਾਣੀ ਅਨਿਕ ਗੁਣਾ ਜਾ ਕੇ ਜਾਹਿ ਨ ਗਣੇ ॥੧॥ ਰਹਾਉ॥ ਸਗਲ ਸਰੰਜਾਮ ਕਰੇ ਪ੍ਰਭੁ ਆਪੇ ॥ ਭਏ ਮਨੋਰਥ ਸੋ ਪ੍ਰਭੁ ਜਾਪੇ ॥੨॥ ਅਰਥ ਧਰਮ ਕਾਮ ਮੋਖ ਕਾ ਦਾਤਾ॥ਪੂਰੀ ਭਈ ਸਿਮਰਿ ਸਿਮਰਿ ਬਿਧਾਤਾ॥ ੩ ॥ ਸਾਧ ਸੰਗਿ ਨਾਨਕਿ ਰੰਗੁ ਮਾਣਿਆ ॥ ਘਰਿ ਆਇਆ ਪੂਰੇ ਗੁਰਿ ਆਣਿਆ ॥੪॥੧੨॥੧੭॥ [ਪੰਨਾ ੮੦੫]

ਪਦ ਅਰਥ :—ਮਾਤ—ਮਾਂ । ਸੁਤ—ਪੁੱਤਰ । ਬੰਧਪ—ਰਿਸ਼ਤੇਦਾਰ । ਭਾਈ—ਭਰਾ। ਨਾਨਕ ਸਹਾਈ—ਨਾਨਕ ਦਾ ਮਦਦਗਾਰ ।੧।

ਸਹਜ—ਆਤਮਕ ਅਡੋਲਤਾ । ਘਣੇ—ਬਹੁਤ । ਜਾ ਕੀ—ਜਿਸ (ਗੁਰੂ) ਦੀ । ਜਾ ਕੇ—ਜਿਸ (ਗੁਰੂ ਦੇ) ।੧। ਰਹਾਉ ।

ਸਰੰਜਾਮ—ਕੰਮ ਸਿਰੇ ਚਾੜ੍ਹਨ ਦੇ ਉੱਦਮ । ਸਗਲ—ਸਾਰੇ । ਆਪੇ—ਆਪ ਹੀ ।

ਜਾਪੈ—ਜਪਿਆਂ । ੨ ।

ਪੂਰੀ ਭਈ—ਘਾਲ ਸਿਰੇ ਚੜ੍ਹ ਗਈ। ਸਿਮਰਿ—ਸਿਮਰ ਕੇ।ਬਿਧਾਤਾ—ਸਿਰਜਣਹਾਰ ਪ੍ਰਭੂ । ੩ ।

ਨਾਨਕਿ—ਨਾਨਕ ਨੇ । ਘਰਿ—ਹਿਰਦੇ-ਘਰ ਵਿਚ । ਗੁਰਿ—ਗੁਰੂ ਨੇ । ਆਣਿਆ—ਲਿਆਂਦਾ ਹੈ ।੪।

ਅਰਥ :—ਹੇ ਭਾਈ ! ਜੇਹੜਾ ਗੁਰੂ (ਸਭ ਗੁਣਾਂ ਨਾਲ) ਭਰਪੂਰ ਹੈ, ਜਿਸ ਗੁਰੂ ਦੀ ਬਾਣੀ (ਆਤਮਕ ਆਨੰਦ ਨਾਲ) ਭਰਪੂਰ ਹੈ, ਜਿਸ ਗੁਰੂ ਦੇ ਅਨੇਕਾਂ ਹੀ ਗੁਣ ਹਨ ਜੋ ਗਿਣਨ-ਗੋਚਰੇ ਨਹੀਂ,(ਉਸ ਗੁਰੂ ਦੀ ਸਰਨ ਪਿਆਂ) ਆਤਮਕ ਅਡੋਲਤਾ ਦੇ ਅਨੇਕਾਂ ਸੁਖ ਆਨੰਦ ਮਿਲ ਜਾਂਦੇ ਹਨ । ੧ । ਰਹਾਉ ।

ਹੇ ਭਾਈ ! ਮਾਂ, ਪਿਉ, ਪੁੱਤਰ, ਰਿਸ਼ਤੇਦਾਰ, ਭਰਾ (ਇਹਨਾਂ ਸਭਨਾਂ ਵਾਂਗ) ਪਰਮਾਤਮਾ ਹੀ ਨਾਨਕ ਦਾ ਮਦਦਗਾਰ ਬਣਿਆ ਹੋਇਆ ਹੈ । ੧ ।

ਹੇ ਭਾਈ ! ਪ੍ਰਭੂ ਆਪ ਹੀ (ਸਰਨ ਪਏ ਮਨੁੱਖ ਦੇ) ਸਾਰੇ ਕੰਮ ਸਿਰੇ ਚਾੜ੍ਹਨ ਦੇ ਪ੍ਰਬੰਧ ਕਰਦਾ ਹੈ, ਉਸ ਪ੍ਰਭੂ ਦਾ ਨਾਮ ਜਪਿਆਂ ਮਨ ਦੀਆਂ ਸਾਰੀਆਂ ਕਾਮਨਾਂ ਪੂਰੀਆਂ ਹੋ ਜਾਂਦੀਆਂ ਹਨ ।੨।

ਹੇ ਭਾਈ ! (ਦੁਨੀਆ ਦੇ ਪ੍ਰਸਿੱਧ ਮੰਨੇ ਹੋਏ ਚਾਰ ਪਦਾਰਥਾਂ) ਧਰਮ ਅਰਥ ਕਾਮ ਮੋਖ ਦਾ ਦੇਣ ਵਾਲਾ ਪਰਮਾਤਮਾ ਆਪ ਹੀ ਹੈ। ਉਸ ਸਿਰਜਣਹਾਰ ਪ੍ਰਭੂ ਦਾ ਨਾਮ ਸਿਮਰ ਸਿਮਰ ਕੇ (ਸਿਮਰਨ ਦੀ) ਘਾਲ-ਕਮਾਈ ਸਫਲ ਹੋ ਜਾਂਦੀ ਹੈ ।੩।

ਹੇ ਭਾਈ ! ਨਾਨਕ ਨੇ (ਤਾਂ) ਗੁਰੂ ਦੀ ਸੰਗਤਿ ਵਿਚ ਰਹਿ ਕੇ ਆਤਮਕ ਆਨੰਦ ਮਾਣਿਆ ਹੈ, (ਗੁਰੂ ਦੀ ਕਿਰਪਾ ਨਾਲ) ਪਰਮਾਤਮਾ (ਨਾਨਕ ਦੇ) ਹਿਰਦੇ ਵਿਚ ਆ ਵੱਸਿਆ ਹੈ, ਪੂਰੇ ਗੁਰੂ ਨੇ ਲਿਆ ਕੇ ਵਸਾ ਦਿੱਤਾ ਹੈ । ੪ । ੧੨ । ੧੭ ।

ਬਿਲਾਵਲੁ ਮਹਲਾ ੫॥ ਸ੍ਰਬ ਨਿਧਾਨ ਪੂਰਨ ਗੁਰਦੇਵ ॥੧॥ ਰਹਾਉ ॥ ਹਰਿ ਹਰਿ ਨਾਮੁ ਜਪਤ ਨਰ ਜੀਵੇ ॥ ਮਰਿ ਖੁਆਰੁ ਸਾਕਤ ਨਰ ਥੀਵੇ ॥੧॥ ਰਾਮਨਾਮੁ ਹੋਆ ਰਖਵਾਰਾ ॥ ਝਖ ਮਾਰਉ ਸਾਕਤੁ ਵੇਚਾਰਾ ॥੨॥ ਨਿੰਦਾ ਕਰਿ ਕਰਿ ਪਚਹਿ ਘਨੇਰੇ ॥ ਮਿਰਤਕ ਫਾਸ ਗਲੈ ਸਿਰਿ ਪੈਰੇ ॥੩॥ਕਹੁ ਨਾਨਕ ਜਪਹਿ ਜਨ ਨਾਮ॥ ਤਾ ਕੇ ਨਿਕਟਿ ਨ ਆਵੈ ਜਾਮ॥੪॥੧੩॥੧੮॥

ਪਦ ਅਰਥ :—ਸ੍ਰਬ—[ਸਰ੍ਵ] ਸਾਰੇ । ੧ । ਰਹਾਉ ।

ਜੀਵੇ—ਆਤਮਕ ਜੀਵਨ ਲੱਭ ਲੈਂਦੇ ਹਨ । ਮਰਿ—ਆਤਮਕ ਮੌਤ ਸਹੇੜ ਕੇ । ਸਾਕਤ ਨਰ—ਪ੍ਰਭੂ ਨਾਲੋਂ ਟੁੱਟੇ ਹੋਏ ਬੰਦੇ । ਖੁਆਰੁ ਥੀਵੇ—ਖੱਜਲ ਹੁੰਦੇ ਹਨ ।੧।

ਮਾਰਉ—[ਹੁਕਮੀ ਭਵਿੱਖਤ, ਅੱਨ ਪੁਰਖ, ਇਕ ਵਚਨ] ਬੇ-ਸ਼ੱਕ ਮਾਰੇ ।੨।

ਕਰਿ–ਕਰ ਕੇ । ਪਚਹਿ–ਸੜਦੇ ਹਨ, ਖਿੱਝਦੇ ਹਨ । ਮਿਰਤਕ ਫਾਸ–ਮੌਤ ਦੀ ਫਾਹੀ । ਸਿਰਿ–ਸਿਰ ਉਤੇ । ਪੈਰੇ–ਪੈਰਾਂ ਵਿਚ । ਗਲੈ–ਗਲ ਵਿਚ । ੩ ।

ਜਪਹਿ–ਜਪਦੇ ਹਨ । ਤਾ ਕੇ ਨਿਕਟਿ–ਉਹਨਾਂ ਦੇ ਨੇੜੇ । ੪ ।

ਅਰਥ :–ਹੇ ਭਾਈ! ਪੂਰੇ ਗੁਰੂ ਦੀ ਸਰਨ ਪਿਆਂ ਸਾਰੇ ਖ਼ਜ਼ਾਨਿਆਂ ਦਾ ਮਾਲਕ ਪ੍ਰਭੂ ਮਿਲ ਪੈਂਦਾ ਹੈ । ੧ । ਰਹਾਉ ।

(ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਣ ਨਾਲ ਮਨੁੱਖ ਆਤਮਕ ਜੀਵਨ ਲੱਭ ਲੈਂਦੇ ਹਨ । ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਆਤਮਕ ਮੌਤ ਸਹੇੜ ਕੇ ਦੁਖੀ ਹੁੰਦੇ ਹਨ । ੧ ।

(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਦਾ ਹੈ) ਹਰਿ-ਨਾਮ (ਹਰ ਥਾਂ ਉਸ ਦਾ) ਰਾਖਾ ਬਣਦਾ ਹੈ ।ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ ਵਿਚਾਰਾ (ਉਸ ਦੀ ਨਿੰਦਾ ਆਦਿਕ ਕਰਨ ਵਾਸਤੇ) ਪਿਆ ਝਖਾਂ ਮਾਰੇ (ਉਸ ਦਾ ਕੁਝ ਵਿਗਾੜ ਨਹੀਂ ਸਕਦਾ) । ੨ ।

ਅਨੇਕਾਂ ਬੰਦੇ (ਹਰਿ-ਨਾਮ ਸਿਮਰਨ ਵਾਲੇ ਮਨੁੱਖ ਦੀ) ਨਿੰਦਾ ਕਰ ਕਰ ਕੇ (ਸਗੋਂ) ਖਿੱਝਦੇ (ਹੀ) ਹਨ । (ਆਤਮਕ) ਮੌਤ ਦੀ ਫਾਹੀ ਉਹਨਾਂ ਦੇ ਗਲ ਵਿਚ ਉਹਨਾਂ ਦੇ ਪੈਰਾਂ ਵਿਚ ਪਈ ਰਹਿੰਦੀ ਹੈ, ਆਤਮਕ ਮੌਤ ਉਹਨਾਂ ਦੇ ਸਿਰ ਉਤੇ ਸਵਾਰ ਰਹਿੰਦੀ ਹੈ । ੩ ।

ਹੇ ਨਾਨਕ ! (ਬੇ-ਸ਼ੱਕ) ਆਖ–ਜੇਹੜੇ ਮਨੁੱਖ ਪਰਮਾਤਮਾ ਦਾ ਨਾਮ ਜਪਦੇ ਹਨ, ਜਮ ਭੀ ਉਹਨਾਂ ਦੇ ਨੇੜੇ ਨਹੀਂ ਢੁਕ ਸਕਦਾ ।੪।੫੩।੧੮।

ਨੋਟ ! ਇਥੋਂ ਚਾਰ ਬੰਦਾਂ ਵਾਲੇ ਸ਼ਬਦ (ਚਉਪਦੇ) ਖ਼ਤਮ ਹੋ ਗਏ ਹਨ । ਅਗਾਂਹ ਦੋ ਬੰਦਾਂ ਵਾਲੇ ਸ਼ਬਦ (ਦੁਪਦੇ) ਸ਼ੁਰੂ ਹੁੰਦੇ ਹਨ । [ਪੰਨਾ ੮੦੬]

ਰਾਗੁ ਬਿਲਾਵਲੁ ਮਹਲਾ ੫ ਘਰੁ ੪ ਦੁਪਦੇ

ੴ ਸਤਿਗੁਰਪ੍ਰਸਾਦਿ ॥ ਕਵਨ ਸੰਜੋਗ ਮਿਲਉ ਪ੍ਰਭ ਅਪਨੇ ॥ ਪਲੁ ਪਲੁ ਨਿਮਖ ਸਦਾ ਹਰਿ ਜਪਨੇ ॥ ੧ ॥ ਚਰਨ ਕਮਲ ਪ੍ਰਭ ਕੇ ਨਿਤ ਧਿਆਵਉ ॥ ਕਵਨ ਸੁਮਤਿ ਜਿਤੁ ਪ੍ਰੀਤਮੁ ਪਾਵਉ ॥ ੧ ॥ ਰਹਾਉ ॥ ਐਸੀ ਕ੍ਰਿਪਾ ਕਰਹੁ ਪ੍ਰਭ ਮੇਰੇ ॥ ਹਰਿ ਨਾਨਕ ਬਿਸਰੁ ਨ ਕਾਹੂ ਬੇਰੇ ॥ ੨ ॥ ੧॥ ੧੯ ॥ [ਪੰਨਾ ੮੦੬]

ਪਦ ਅਰਥ :–ਸੰਜੋਗ–ਮਿਲਾਪ ਦਾ ਸਮਾ, ਲਗਨ, ਮੁਹੂਰਤ । ਮਿਲਉ–ਮਿਲਊਂ, ਮੈਂ ਮਿਲਾਂ । ਪਲੁ ਪਲੁ–ਹਰੇਕ ਪਲ । ਨਿਮਖ–ਅੱਖ ਝਮਕਣ ਜਿਤਨਾ ਸਮਾ। ੧ ।

ਧਿਆਵਉ–ਧਿਆਵਉਂ, ਮੈਂ ਧਿਆਨ ਧਰਦਾ ਰਹਾਂ। ਸੁਮਤਿ–ਚੰਗੀ ਮਤ। ਜਿਤੁ–ਜਿਸ ਦੀ ਰਾਹੀਂ। ੧। ਰਹਾਉ।

ਪ੍ਰਭ–ਹੇ ਪ੍ਰਭੂ! ਕਾਹੂ ਬੇਰੇ–ਕਿਸੇ ਭੀ ਵੇਲੇ। ਬਿਸਰੁ ਨ–ਨਾਂਹ ਭੁੱਲ। ੨।

ਅਰਥ :–ਹੇ ਭਾਈ! ਉਹ ਕੇਹੜੀ ਸੁਚੱਜੀ ਮਤਿ ਹੈ ਜਿਸ ਦੀ ਬਰਕਤ ਨਾਲ ਮੈਂ ਆਪਣੇ ਪਿਆਰੇ ਪ੍ਰਭੂ ਨੂੰ ਮਿਲ ਸਕਾਂ? (ਉਹ ਕੇਹੜੀ ਸੁਮਤਿ ਹੈ ਜਿਸ ਦੀ ਰਾਹੀਂ) ਮੈਂ ਪਰਮਾਤਮਾ ਦੇ ਸੋਹਣੇ ਚਰਨਾਂ ਦਾ ਹਰ ਵੇਲੇ ਧਿਆਨ ਧਰਦਾ ਰਹਾਂ? ੧। ਰਹਾਉ।

ਹੇ ਭਾਈ! ਉਹ ਕੇਹੜੇ ਮੁਹੂਰਤ ਹਨ ਜਦੋਂ ਮੈਂ ਆਪਣੇ ਪ੍ਰਭੂ ਨੂੰ ਮਿਲ ਸਕਾਂ? (ਉਹ ਲਗਨ ਮੁਹੂਰਤ ਤਾਂ ਹਰ ਵੇਲੇ ਹੀ ਹਨ) ਇਕ ਇਕ ਪਲ, ਅੱਖ ਝਮਕਣ ਜਿਤਨਾ ਸਮਾ ਭਰ ਭੀ ਸਦਾ ਹੀ ਹਰਿ-ਨਾਮ ਜਪਣ ਨਾਲ (ਪਰਮਾਤਮਾ ਨਾਲ ਮਿਲਾਪ ਹੋ ਸਕਦਾ ਹੈ)। ੧।

(ਪਰ, ਪ੍ਰਭੂ ਦੀ ਆਪਣੀ ਹੀ ਮੇਹਰ ਹੋਵੇ, ਤਾਂ ਹੀ ਸਿਮਰਨ ਹੋ ਸਕਦਾ ਹੈ। ਇਸ ਵਾਸਤੇ ਉਸ ਦੇ ਦਰ ਤੇ ਸਦਾ ਅਰਦਾਸ ਕਰੀਏ–) ਹੇ ਮੇਰੇ ਪ੍ਰਭੂ! (ਮੇਰੇ ਉਤੇ) ਇਹੋ ਜਿਹੀ ਮੇਹਰ ਕਰ, ਕਿ, ਹੇ ਹਰੀ! ਮੈਨੂੰ ਨਾਨਕ ਨੂੰ ਤੇਰਾ ਨਾਮ ਕਦੇ ਭੀ ਨਾਂਹ ਭੁੱਲੇ। ੨। ੧। ੧੯।

ਬਿਲਾਵਲੁ ਮਹਲਾ ੫ ॥ ਚਰਨ ਕਮਲ ਪ੍ਰਭ ਹਿਰਦੈ ਧਿਆਏ ॥ ਰੋਗ ਗਏ ਸਗਲੇ ਸੁਖ ਪਾਏ ॥ ੧ ॥ ਗੁਰਿ ਦੁਖੁ ਕਾਟਿਆ ਦੀਨੋ ਦਾਨੁ ॥ ਸਫਲ ਜਨਮੁ ਜੀਵਨ ਪਰਵਾਨੁ ॥ ੧ ॥ ਰਹਾਉ ॥ ਅਕਥ ਕਥਾ ਅੰਮ੍ਰਿਤ ਪ੍ਰਭ ਬਾਨੀ ॥ ਕਹੁ ਨਾਨਕ ਜਪਿ ਜੀਵੇ ਗਿਆਨੀ ॥੨॥੨॥੨੦॥ [੮੦੬]

ਪਦ ਅਰਥ :–ਚਰਨ ਕਮਲ–ਕੌਲ ਫੁੱਲ ਵਰਗੇ ਸੋਹਣੇ ਤੇ ਕੋਮਲ ਪੈਰ। ਹਿਰਦੈ–ਹਿਰਦੇ ਵਿਚ। ਸਗਲੇ–ਸਾਰੇ। ੧।

ਗੁਰਿ–ਗੁਰੂ ਨੇ। ਦਾਨੁ–(ਨਾਮ ਦੀ) ਦਾਤਿ। ਸਫਲ–ਕਾਮਯਾਬ। ਪਰਵਾਨੁ–(ਲੋਕ ਪਰਲੋਕ ਵਿਚ) ਕਬੂਲ। ੧। ਰਹਾਉ।

ਅਕਥ–ਉਹ ਪ੍ਰਭੂ ਜਿਸ ਦੇ ਸਾਰੇ ਗੁਣ ਬਿਆਨ ਨਾਂਹ ਕੀਤੇ ਜਾ ਸਕਣ। ਕਥਾ–ਸਿਫ਼ਤਿ ਸਾਲਾਹ ਦੀਆਂ ਗੱਲਾਂ। ਅੰਮ੍ਰਿਤ–ਆਤਮਕ ਜੀਵਨ ਦੇਣ ਵਾਲੀ। ਬਾਨੀ–ਸਿਫ਼ਤਿ ਸਾਲਾਹ ਦੀ ਬਾਣੀ। ਗਿਆਨੀ–ਗਿਆਨਵਾਨ, ਪ੍ਰਭੂ ਨਾਲ ਡੂੰਘੀ ਸਾਂਝ ਪਾਣ ਵਾਲਾ ਮਨੁੱਖ। ਗਿਆਨ–ਪਰਮਾਤਮਾ ਨਾਲ ਜਾਣ-ਪਛਾਣ। ਜੀਵੇ–ਆਤਮਕ ਜੀਵਨ ਹਾਸਲ ਕਰ ਲੈਂਦਾ ਹੈ। ੨।

ਅਰਥ :–ਹੇ ਭਾਈ! ਗੁਰੂ ਨੇ (ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦੀ) ਦਾਤਿ ਦੇ ਦਿੱਤੀ, ਉਸ ਦਾ ਸਾਰਾ ਦੁੱਖ ਭੀ ਗੁਰੂ ਨੇ ਦੂਰ ਕਰ ਦਿੱਤਾ। ਉਸ ਮਨੁੱਖ ਦੀ ਜ਼ਿੰਦਗੀ

ਕਾਮਯਾਬ ਹੋ ਗਈ, (ਲੋਕ ਪਰਲੋਕ ਵਿਚ) ਉਸ ਦਾ ਜੀਵਨ ਕਬੂਲ ਹੋ ਗਿਆ । ੧ । ਰਹਾਉ ।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੇ ਆਪਣੇ) ਹਿਰਦੇ ਵਿਚ ਪ੍ਰਭੂ ਦੇ ਸੋਹਣੇ ਚਰਨਾਂ ਦਾ ਧਿਆਨ ਧਰਨਾ ਸ਼ੁਰੂ ਕਰ ਦਿੱਤਾ,ਉਸ ਦੇ ਸਾਰੇ ਰੋਗ ਦੂਰ ਹੋ ਗਏ, ਉਸ ਨੇ ਸਾਰੇ ਸੁਖ ਪ੍ਰਾਪਤ ਕਰ ਲਏ । ੧ ।

ਹੇ ਨਾਨਕ ! ਆਖ—ਬੇਅੰਤ ਗੁਣਾਂ ਦੇ ਮਾਲਕ ਪ੍ਰਭੂ ਦੀ ਸਿਫ਼ਤਿ ਸਾਲਾਹ ਵਾਲੀ ਬਾਣੀ ਆਤਮਕ ਜੀਵਨ ਦੇਣ ਵਾਲੀ ਹੈ । ਪ੍ਰਭੂ ਨਾਲ ਡੂੰਘੀ ਜਾਣ-ਪਛਾਣ ਵਾਲਾ ਮਨੁੱਖ ਪ੍ਰਭੂ ਦੇ ਗੁਣਾਂ ਨੂੰ ਚੇਤੇ ਕਰ ਕਰ ਕੇ ਆਤਮਕ ਜੀਵਨ ਹਾਸਲ ਕਰ ਲੈਂਦਾ ਹੈ। ੨ । ੨ । ੨੦ ।

ਬਿਲਾਵਲੁ ਮਹਲਾ ੫ ॥ ਸਾਂਤਿ ਪਾਈ ਗੁਰਿ ਸਤਿਗੁਰਿ ਪੂਰੇ ॥ ਸੁਖ ਉਪਜੇ ਬਾਜੇ ਅਨਹਦ ਤੂਰੇ ।। ੧ ।। ਰਹਾਉ ।। ਤਾਪ ਪਾਪ ਸੰਤਾਪ ਬਿਨਾਸੇ ।। ਹਰਿ ਸਿਮਰਤ ਕਿਲਵਿਖ ਸਭਿ ਨਾਸੇ ।। ੧ ।। ਅਨਦੁ ਕਰਹੁ ਮਿਲਿ, ਸੁੰਦਰ ਨਾਰੀ ।। ਗੁਰਿ ਨਾਨਕਿ ਮੇਰੀ ਪੈਜ ਸਵਾਰੀ ॥ ੨ ॥ ੩ ॥ ੨੧ ॥ [ਪੰਨਾ ੮੦੬]

ਪਦ ਅਰਥ :—ਸਾਂਤਿ—ਸ਼ਾਂਤੀ, ਆਤਮਕ ਠੰਢ । ਗੁਰਿ—ਗੁਰੂ ਨੇ । ਸਤਿਗੁਰਿ—ਸਤਿਗੁਰੂ ਨੇ । ਉਪਜੇ—ਪੈਦਾ ਹੋ ਗਏ । ਬਾਜੇ—ਵੱਜ ਪਏ । ਅਨਹਦ—[ਅਨਹਤ—ਬਿਨਾ ਵਜਾਣ ਦੇ] ਇਕ-ਰਸ । ਤੂਰੇ—ਵਾਜੇ । ੧ । ਰਹਾਉ ।

ਤਾਪ—ਦੁੱਖ । ਪਾਪ—ਵਿਕਾਰ । ਸੰਤਾਪ—ਕਲੇਸ਼ । ਸਿਮਰਤ—ਸਿਮਰਦਿਆਂ । ਕਿਲਵਿਖ—ਪਾਪ । ਸਭਿ—ਸਾਰੇ । ੧ ।

ਅਨਦੁ ਕਰਹੁ—ਆਤਮਕ ਆਨੰਦ ਪੈਦਾ ਕਰੋ । ਮਿਲਿ—ਮਿਲ ਕੇ । ਨਾਰੀ—ਹੇ ਨਾਰੀਹੋ ! ਹੇ ਮੇਰੇ ਗਿਆਨ-ਇੰਦ੍ਰਿਓ ! ਗੁਰਿ—ਗੁਰੂ ਨੇ। ਨਾਨਕਿ—ਨਾਨਕ ਨੇ। ਪੈਜ—ਲਾਜ, ਇੱਜ਼ਤ । ੨ ।

ਅਰਥ :—ਹੇ ਭਾਈ ! ਪੂਰੇ ਗੁਰੂ ਨੇ, ਸਤਿਗੁਰੂ ਨੇ (ਹਰਿ-ਨਾਮ ਦੀ ਦਾਤਿ ਦੇ ਕੇ ਜਿਸ ਮਨੁੱਖ ਦੇ ਹਿਰਦੇ ਵਿਚ) ਠੰਢ ਵਰਤਾ ਦਿੱਤੀ, ਉਸ ਦੇ ਅੰਦਰ ਸਾਰੇ ਸੁਖ ਪੈਦਾ ਹੋ ਗਏ (ਮਾਨੋ, ਉਸ ਦੇ ਅੰਦਰ) ਇਕ-ਰਸ ਸਾਰੇ ਵਾਜੇ ਵੱਜਣ ਲੱਗ ਪਏ । ੧ । ਰਹਾਉ ।

(ਜਿਸ ਮਨੁੱਖ ਨੇ ਗੁਰੂ ਦੀ ਕਿਰਪਾ ਨਾਲ ਹਰਿ-ਨਾਮ ਸਿਮਰਨਾ ਸ਼ੁਰੂ ਕਰ ਦਿੱਤਾ, ਉਸ ਦੇ ਸਾਰੇ) ਦੁੱਖ ਕਲੇਸ਼ ਦੂਰ ਹੋ ਗਏ । ਪਰਮਾਤਮਾ ਦਾ ਨਾਮ ਸਿਮਰਦਿਆਂ ਸਿਮਰਦਿਆਂ ਉਸ ਦੇ ਸਾਰੇ ਪਾਪ ਨਾਸ ਹੋ ਗਏ । ੧ ।

(ਨਾਮ ਦੀ ਬਰਕਤਿ ਨਾਲ) ਸੋਹਣੇ (ਬਣ ਚੁਕੇ) ਹੇ ਮੇਰੇ ਗਿਆਨ-ਇੰਦ੍ਰਿਓ !

ਤੁਸੀਂ ਹੁਣ ਰਲ ਕੇ (ਸਤਸੰਗ ਮਨਾ ਕੇ ਆਪਣੇ ਅੰਦਰ) ਆਤਮਕ ਆਨੰਦ ਪੈਦਾ ਕਰੋ। ਗੁਰੂ ਨਾਨਕ ਨੇ (ਮੈਨੂੰ ਤਾਪ ਪਾਪ ਸੰਤਾਪ ਤੋਂ ਬਚਾ ਕੇ) ਮੇਰੀ ਇੱਜ਼ਤ ਰੱਖ ਲਈ ਹੈ। ੨।੩।੨੧।

ਬਿਲਾਵਲੁ ਮਹਲਾ ੫ ॥ ਮਮਤਾ ਮੋਹ ਧ੍ਰੋਹ ਮਦਿ ਮਾਤਾ ਬੰਧਨਿ ਬਾਧਿਆ ਅਤਿ ਬਿਕਰਾਲ ॥ ਦਿਨੁ ਦਿਨੁ ਛਿਜਤ ਬਿਕਾਰ ਕਰਤ ਅਉਧ, ਫਾਹੀ ਫਾਥਾ ਜਮ ਕੈ ਜਾਲ ॥੧॥ ਤੇਰੀ ਸਰਣਿ ਪ੍ਰਭ ਦੀਨ ਦਇਆਲਾ ॥ ਮਹਾ ਬਿਖਮ ਸਾਗਰੁ ਅਤਿ ਭਾਰੀ ਉਧਰਹੁ ਸਾਧੂ ਸੰਗਿ ਰਵਾਲਾ ॥ ੧ ॥ ਰਹਾਉ॥ ਪ੍ਰਭ ਸੁਖ ਦਾਤੇ ਸਮਰਥ ਸੁਆਮੀ ਜੀਉ ਪਿੰਡੁ ਸਭੁ ਤੁਮਰਾ ਮਾਲ॥ ਭ੍ਰਮ ਕੇ ਬੰਧਨ ਕਾਟਹੁ ਪਰਮੇਸਰ ਨਾਨਕ ਕੇ ਪ੍ਰਭ ਸਦਾ ਕ੍ਰਿਪਾਲ ॥ ੨ ॥ ੪ ॥ ੨੨ ॥ [ਪੰਨਾ ੮੦੬]

ਪਦ ਅਰਥ :—ਮਮ—ਮੇਰਾ। ਮਮਤਾ—[ਲਫ਼ਜ਼ 'ਮਮ' ਤੋਂ ਭਾਵ-ਭਾਵਕ ਨਾਂਵ] ਅਪਣੱਤ। ਧ੍ਰੋਹ—ਠੱਗੀ। ਮਦਿ—ਮਦ ਵਿਚ, ਨਸ਼ੇ ਵਿਚ। ਮਾਤਾ—ਮਸਤ। ਬੰਧਨਿ—ਬੰਧਨ ਨਾਲ, ਰੱਸੀ। ਬਾਧਿਆ—ਬੱਝਾ ਹੋਇਆ। ਅਤਿ—ਬਹੁਤ। ਬਿਕਰਾਲ—ਡਰਾਉਣਾ। ਦਿਨੁ ਦਿਨੁ—ਹਰ ਰੋਜ਼। ਛਿਜਤ—ਘਟਦੀ ਜਾਂਦੀ। ਅਉਧ—ਉਮਰ। ੧।

ਪ੍ਰਭ—ਹੇ ਪ੍ਰਭੂ ! ਦੀਨ—ਗ਼ਰੀਬ, ਨਿਮਾਣੇ। ਬਿਖਮ—ਔਖਾ। ਸਾਗਰੁ—ਸਮੁੰਦਰ। ਉਧਰਹੁ—ਪਾਰ ਲੰਘਾ ਲਵੋ। ਸਾਧੂ—ਗੁਰੂ। ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਰਵਾਲਾ—ਚਰਨ-ਧੂੜ। ੧। ਰਹਾਉ।

ਜੀਉ—ਜਿੰਦ। ਪਿੰਡੁ—ਸਰੀਰ। ਸਭੁ—ਇਹ ਸਾਰਾ। ਮਾਲੁ—ਪੂੰਜੀ। ਭ੍ਰਮ—ਭਟਕਣਾ। ੨।

ਅਰਥ :—ਦੀਨਾਂ ਉਤੇ ਦਇਆ ਕਰਨ ਵਾਲੇ ਹੇ ਪ੍ਰਭੂ ! ਮੈਂ ਤੇਰੀ ਸਰਨ ਆਇਆ ਹਾਂ। ਇਹ (ਸੰਸਾਰ-) ਸਮੁੰਦਰ ਬਹੁਤ ਵੱਡਾ ਹੈ, (ਇਸ ਵਿਚੋਂ ਪਾਰ ਲੰਘਣਾ) ਬੜਾ ਔਖਾ ਹੈ। ਹੇ ਪ੍ਰਭੂ ! ਮੈਨੂੰ ਗੁਰੂ ਦੀ ਸੰਗਤਿ ਵਿਚ (ਰੱਖ ਕੇ) ਮੈਨੂੰ ਗੁਰੂ ਦੀ ਚਰਨ-ਧੂੜ ਦੇ ਕੇ ਇਸ ਸੰਸਾਰ ਸਮੁੰਦਰ ਵਿਚ ਡੁੱਬਣੋਂ) ਬਚਾ ਲੈ। ੧। ਰਹਾਉ।

(ਹੇ ਪ੍ਰਭੂ ! ਇਸ ਸੰਸਾਰ ਸਮੁੰਦਰ ਵਿਚ ਫਸ ਕੇ ਜੀਵ) ਅਪਣੱਤ ਦੇ ਮਦ ਵਿਚ, ਮੋਹ ਦੇ ਨਸ਼ੇ ਵਿਚ, ਠੱਗੀ-ਚਾਲਾਕੀ ਦੇ ਮਦ ਵਿਚ ਮਸਤ ਰਹਿੰਦਾ ਹੈ। ਮਾਇਆ ਦੇ ਮੋਹ ਦੇ ਜਕੜ ਨਾਲ ਬੱਝਾ ਹੋਇਆ ਜੀਵ ਬੜੇ ਡਰਾਉਣੇ ਜੀਵਨ ਵਾਲਾ ਬਣ ਜਾਂਦਾ ਹੈ। ਹਰ ਰੋਜ਼ ਵਿਕਾਰ ਕਰਦਿਆਂ ਇਸ ਦੀ ਉਮਰ ਘਟਦੀ ਜਾਂਦੀ ਹੈ, ਇਹ ਜਮ ਦੀ ਫਾਹੀ ਵਿਚ ਜਮ ਦੇ ਜਾਲ ਵਿਚ ਸਦਾ ਫਸਿਆ ਰਹਿੰਦਾ ਹੈ। ੧।

ਹੇ ਸਾਰੇ ਸੁਖ ਦੇਣ ਵਾਲੇ ਪ੍ਰਭੂ ! ਹੇ ਸਭ ਤਾਕਤਾਂ ਦੇ ਮਾਲਕ ਸੁਆਮੀ ! (ਜੀਵਾਂ ਨੂੰ ਮਿਲੇ ਹੋਇ) ਇਹ ਜਿੰਦ ਤੇ ਸਰੀਰ ਸਭ ਕੁਝ ਤੇਰਾ ਹੀ ਦਿੱਤਾ ਹੋਇਆ ਸਰਮਾਇਆ ਹੈ। ਹੇ ਨਾਨਕ ਦੇ ਪ੍ਰਭੂ ! ਹੇ ਸਦਾ ਕਿਰਪਾਲ ਪ੍ਰਭੂ ! ਹੇ ਪਰਮੇਸਰ ! (ਜੀਵ ਮਾਇਆ ਵਿਚ ਭਟਕ ਰਹੇ ਹਨ, ਜੀਵਾਂ ਦੇ ਇਹ) ਭਟਕਣਾ ਦੇ ਬੰਧਨ ਕੱਟ ਦੇਹ ।੨।੪।੨੨।

ਬਿਲਾਵਲੁ ਮਹਲਾ ੫ ॥ ਸਗਲ ਅਨੰਦੁ ਕੀਆ ਪਰਮੇਸਰਿ ਆਪਣਾ ਬਿਰਦੁ ਸਮ੍ਾਰਿਆ ॥ ਸਾਧ ਜਨਾ ਹੋਏ ਕਿਰਪਾਲਾ ਬਿਗਸੇ ਸਭਿ ਪਰਵਾਰਿਆ ॥ ੧ ॥ ਕਾਰਜੁ ਸਤਿਗੁਰਿ ਆਪਿ ਸਵਾਰਿਆ ॥ ਵਡੀ ਆਰਜਾ ਹਰਿਗੋਬਿੰਦ ਕੀ ਸੂਖ ਮੰਗਲ ਕਲਿਆਣ ਬੀਚਾਰਿਆ ॥੧॥ ਰਹਾਉ ॥ ਵਣ ਤ੍ਰਿਣ ਤ੍ਰਿਭਵਣ ਹਰਿਆ ਹੋਏ ਸਗਲੇ ਜੀਅ ਸਾਧਾਰਿਆ ॥ ਮਨ ਇਛੇ ਨਾਨਕ ਫਲ ਪਾਏ ਪੂਰਨ ਇਛ ਪੁਜਾਰਿਆ ॥੨॥੫॥੨੩॥ [ਪੰਨਾ ੮੦੬]

ਪਦ ਅਰਥ :–ਸਗਲ–ਸਾਰਾ, ਪੂਰਨ । ਪਰਮੇਸਰਿ–ਪਰਮੇਸਰ ਨੇ । ਬਿਰਦੁ–ਮੁੱਢ-ਕਦੀਮਾਂ ਦਾ ਸੁਭਾਉ । ਸਮ੍ਾਰਿਆ–ਸੰਭਾਲਿਆ ਹੈ, ਚੇਤੇ ਰੱਖਿਆ ਹੈ । ਬਿਗਸੇ–ਖ਼ੁਸ਼ ਹੋਏ, ਖਿੜ ਪਏ । ਸਭਿ–ਸਾਰੇ । ਸਭ ਪਰਵਾਰਿਆ–ਸਾਰੇ ਪਰਵਾਰ ।੧।

ਕਾਰਜੁ–ਕੰਮ । ਸਤਿਗੁਰਿ–ਗੁਰੂ ਨੇ । ਸਵਾਰਿਆ–ਸਿਰੇ ਚਾੜ੍ਹ ਦਿੱਤਾ ਹੈ। ਆਰਜਾ–ਉਮਰ । ੧ । ਰਹਾਉ ।

ਵਣ–ਜੰਗਲ । ਤ੍ਰਿਣ–ਘਾਹ ਦੇ ਤੀਲੇ । ਜੀਅ–['ਜੀਉ' ਤੋਂ ਬਹੁ ਵਚਨ] ਸਾਰੇ ਜੀਵ । ਸਾਧਾਰਿਆ–ਆਸਰਾ ਦਿੱਤਾ ਹੈ । ਪੂਰਨ–ਮੁਕੰਮਲ ਤੌਰ ਤੇ । ਪੁਜਾਰਿਆ–ਪੂਰੀ ਕੀਤੀ । ੨ ।

ਅਰਥ :–(ਹੇ ਭਾਈ ! ਲੋਕ ਤਾਂ ਦੇਵੀ ਆਦਿਕ ਦੀ ਪੂਜਾ ਦੀ ਕੋਈ ਪ੍ਰੇਰਨਾ ਕਰਦੇ ਸਨ । ਪਰ ਵੇਖੋ,ਹਰਿਗੋਬਿੰਦ ਨੂੰ ਚੀਚਕ ਦੇ ਤਾਪ ਤੋਂ ਅਰੋਗਤਾ ਦੇਣ ਵਾਲਾ ਇਹ ਵੱਡਾ) ਕੰਮ (ਮੇਰੇ) ਸਤਿਗੁਰੂ ਨੇ ਆਪ ਹੀ ਸਿਰੇ ਚਾੜ੍ਹ ਦਿੱਤਾ ਹੈ। (ਗੁਰੂ ਨੇ ਆਪ ਹੀ) ਹਰਿ ਗੋਬਿੰਦ ਦੀ ਉਮਰ ਲੰਮੀ ਕਰ ਦਿੱਤੀ ਹੈ,(ਗੁਰੂ ਨੇ ਆਪ ਹੀ ਹਰਿ ਗੋਬਿੰਦ ਨੂੰ)ਸੁਖ ਖ਼ੁਸ਼ੀ ਆਨੰਦ ਦੇਣ ਦੀ ਵਿਚਾਰ ਕੀਤੀ ਹੈ। ੧ । ਰਹਾਉ ।

(ਹੇ ਭਾਈ ! ਇਹ ਯਕੀਨ ਜਾਣੋ ਕਿ) ਪਰਮਾਤਮਾ ਆਪਣਾ ਮੁੱਢ-ਕਦੀਮਾਂ ਦਾ (ਭਗਤਿ-ਵਛਲ ਹੋਣ ਦਾ) ਸੁਭਾਉ ਸਦਾ ਚੇਤੇ ਰੱਖਦਾ ਹੈ, ਆਪਣੇ ਸੰਤ ਜਨਾਂ ਉਤੇ ਸਦਾ ਦਇਆਵਾਨ ਰਹਿੰਦਾ ਹੈ, ਉਹਨਾਂ ਨੂੰ ਹਰੇਕ ਕਿਸਮ ਦਾ ਸੁਖ-ਆਨੰਦ ਦੇਂਦਾ ਹੈ, ਉਹਨਾਂ ਦੇ ਸਾਰੇ ਪਰਵਾਰ (ਸਾਰੇ ਗਿਆਨ-ਇੰਦ੍ਰੇ ਭੀ) ਆਨੰਦ-ਭਰਪੂਰ ਰਹਿੰਦੇ ਹਨ। ੧ ।

ਹੇ ਨਾਨਕ ! ਜਿਸ ਪਰਮਾਤਮਾ ਦੀ ਕਿਰਪਾ ਨਾਲ ਸਾਰੇ ਜੰਗਲ ਸਾਰੀ ਬਨਸਪਤੀ, ਤ੍ਰਿਨੇ ਹੀ ਭਵਨ ਹਰੇ-ਭਰੇ ਰਹਿੰਦੇ ਹਨ, ਉਹ ਪਰਮਾਤਮਾ ਸਾਰੇ ਜੀਵਾਂ ਨੂੰ ਆਸਰਾ ਦੇਂਦਾ ਹੈ। (ਜੇਹੜੇ ਭੀ ਮਨੁੱਖ ਪਰਮਾਤਮਾ ਦੀ ਸਰਨ ਪੈਂਦੇ ਹਨ) ਉਹ ਮਨ-ਮੰਗੀਆਂ ਮੁਰਾਦਾਂ ਪਾ ਲੈਂਦੇ ਹਨ, ਪਰਮਾਤਮਾ ਉਹਨਾਂ ਦੀਆਂ ਸਾਰੀਆਂ ਕਾਮਨਾਂ ਪੂਰੀਆਂ ਕਰਦਾ ਹੈ (ਬੱਸ ! ਉਸ ਪਰਮਾਤਮਾ ਦਾ ਹੀ ਆਸਰਾ ਲਿਆ ਕਰੋ)। ੨। ੫। ੨੩।

ਨੋਟ ! ਗੁਰੂ ਹਰਿਗੋਬਿੰਦ ਸਾਹਿਬ ਨੂੰ ਮਾਤਾ ਨਿਕਲੀ। ਲੋਕਾਂ ਨੇ ਆਪਣੇ ਭਰਮੀ ਸੁਭਾਵ ਅਨੁਸਾਰ ਗੁਰੂ ਅਰਜਨ ਸਾਹਿਬ ਨੂੰ ਪ੍ਰੇਰਨਾਂ ਕੀਤੀਆਂ ਕਿ ਬਾਲਕ ਨੂੰ ਦੇਵੀ-ਮਾਤਾ ਦੇ ਮੰਦਰ ਖੜਨਾ ਚਾਹੀਦਾ ਹੈ। ਸਤਿਗੁਰੂ ਜੀ ਉਸ ਗ਼ਲਤ ਪ੍ਰੇਰਨਾ ਦਾ ਉੱਤਰ ਦੇ ਰਹੇ ਹਨ, ਅਤੇ ਸਦਾ ਲਈ ਆਪਣੇ ਸਿੱਖਾਂ ਨੂੰ ਸਹੀ ਰਸਤਾ ਵਿਖਾ ਰਹੇ ਹਨ।

ਬਿਲਾਵਲੁ ਮਹਲਾ ੫ ॥ ਜਿਸੁ ਊਪਰਿ ਹੋਵਤ ਦਇਆਲੁ ॥ ਹਰਿ ਸਿਮਰਤ ਕਾਟੈ ਸੋ ਕਾਲੁ ॥ ੧ ॥ ਰਹਾਉ ॥ ਸਾਧ ਸੰਗਿ ਭਜੀਐ ਗੋਪਾਲੁ ॥ ਗੁਨ ਗਾਵਤ ਤੂਟੇ ਜਮ ਜਾਲੁ ॥ ੧ ॥ ਆਪੇ ਸਤਿਗੁਰੁ ਆਪੇ ਪ੍ਰਤਿਪਾਲ ॥ ਨਾਨਕੁ ਜਾਚੈ ਸਾਧ ਰਵਾਲ ॥ ੨ ॥ ੬ ॥ ੨੪ ॥ [ਪੰਨਾ ੮੦੨]

ਪਦ ਅਰਥ :—ਜਿਸੁ ਊਪਰਿ—ਜਿਸ (ਮਨੁੱਖ) ਉੱਤੇ। ਸੋ—ਉਹ ਮਨੁੱਖ। ਕਾਲੁ —ਮੌਤ, ਮੌਤ ਦਾ ਡਰ, ਆਤਮਕ ਮੌਤ ਦੀ ਫਾਹੀ। ੧। ਰਹਾਉ।

ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ(ਟਿਕ ਕੇ)। ਗੋਪਾਲੁ—ਸ੍ਰਿਸ਼ਟੀ ਦਾ ਪਾਲਣ-ਹਾਰ ਪ੍ਰਭੂ। ਗਾਵਤ—ਗਾਂਦਿਆਂ। ਜਮ ਜਾਲੁ—ਜਮ ਦਾ ਜਾਲ, ਆਤਮਕ ਮੌਤ ਦੀ ਫਾਹੀ। ੧।

ਆਪੇ—(ਪ੍ਰਭੂ) ਆਪ ਹੀ। ਪ੍ਰਤਿਪਾਲ—ਰੱਖਿਆ ਕਰਨ ਵਾਲਾ। ਜਾਚੈ—ਮੰਗਦਾ ਹੈ [ਨੋਟ ! ਲਫ਼ਜ਼ 'ਨਾਨਕ' ਅਤੇ 'ਨਾਨਕੁ' ਦੇ ਜੋੜ ਅਤੇ ਅਰਥ ਦਾ ਫ਼ਰਕ ਚੇਤੇ ਰੱਖੋ]। ਸਾਧ ਰਵਾਲ—ਗੁਰੂ ਦੇ ਚਰਨਾਂ ਦੀ ਧੂੜ। ੨।

ਅਰਥ :—(ਗੁਰੂ) ਜਿਸ ਮਨੁੱਖ ਉੱਤੇ ਦਇਆਵਾਨ ਹੁੰਦਾ ਹੈ, ਉਹ ਮਨੁੱਖ ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਆਪਣਾ ਆਤਮਕ ਮੌਤ ਦਾ ਜਾਲ ਕੱਟ ਲੈਂਦਾ ਹੈ। ੧। ਰਹਾਉ।

ਹੇ ਭਾਈ ! ਗੁਰੂ ਦੀ ਸੰਗਤਿ ਵਿਚ ਟਿਕ ਕੇ ਜਗਤ-ਪਾਲਕ ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ। ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ ਜਮ ਦਾ ਜਾਲ ਟੁੱਟ ਜਾਂਦਾ ਹੈ। ੧।

ਹੇ ਭਾਈ ! (ਪ੍ਰਭੂ) ਆਪ ਹੀ ਗੁਰੂ (ਰੂਪ ਹੋ ਕੇ) ਆਪ ਹੀ (ਜੀਵਾਂ ਨੂੰ ਜਮ ਜਾਲ ਤੋਂ) ਬਚਾਣ ਵਾਲਾ ਹੈ। (ਤਾਹੀਏਂ) ਨਾਨਕ (ਸਦਾ) ਗੁਰੂ ਦੇ ਚਰਨਾਂ ਦੀ ਧੂੜ ਮੰਗਦਾ

ਹੈ।੨।੬।੨੪।

ਬਿਲਾਵਲੁ ਮਹਲਾ ੫ ॥ ਮਨ ਮਹਿ ਸਿੰਚਹੁ ਹਰਿ ਹਰਿ ਨਾਮ ॥ ਅਨਦਿਨੁ ਕੀਰਤਨੁ ਹਰਿਗੁਣ ਗਾਮ ॥ ੧ ॥ ਐਸੀ ਪ੍ਰੀਤਿ ਕਰਹੁ ਮਨ ਮੇਰੇ ॥ ਆਠ ਪਹਰ ਪ੍ਰਭ ਜਾਨਹੁ ਨੇਰੇ ॥ ੧ ॥ ਰਹਾਉ ॥ ਕਹੁ ਨਾਨਕ ਜਾ ਕੇ ਨਿਰਮਲ ਭਾਗ ॥ ਹਰਿ ਚਰਨੀ ਤਾ ਕਾ ਮਨੁ ਲਾਗ ॥੨॥੭॥੨੫॥[੮੦੭]

ਪਦ ਅਰਥ :–ਮਹਿ–ਵਿਚ। ਸਿੰਚਹੁ–ਸਿੰਜੋ, ਛੱਟੇ ਦਿਉ। ਅਨਦਿਨੁ–ਹਰ ਰੋਜ਼। ਗਾਮ–ਗਾਵੋ।੧।

ਮਨ–ਹੇ ਮਨ! ਨੇਰੇ–ਨੇੜੇ, ਅੰਗ-ਸੰਗ (ਵੱਸਦਾ)। ਜਾਨਹੁ–ਸਮਝੋ।੧। ਰਹਾਉ।

ਨਾਨਕ–ਹੇ ਨਾਨਕ! ਜਾ ਕੇ–ਜਿਸ (ਮਨੁੱਖ) ਦੇ। ਤਾ ਕਾ–ਉਸ ਦਾ।੨।

ਅਰਥ :–ਹੇ ਮੇਰੇ ਮਨ! ਪਰਮਾਤਮਾ ਨਾਲ ਇਹੋ ਜਿਹਾ ਪਿਆਰ ਬਣਾ ਕਿ ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਨੂੰ ਆਪਣੇ ਨੇੜੇ ਵੱਸਦਾ ਸਮਝ ਸਕੇਂ।੧। ਰਹਾਉ।

ਹੇ ਭਾਈ! ਆਪਣੇ ਮਨ ਵਿਚ ਸਦਾ ਪਰਮਾਤਮਾ ਦਾ ਨਾਮ-ਅੰਮ੍ਰਿਤ ਸਿੰਜਦਾ ਰਹੁ, ਅਤੇ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਿਆ ਕਰ, ਪਰਮਾਤਮਾ ਦੇ ਗੁਣ ਗਾਇਆ ਕਰ।੧।

ਹੇ ਨਾਨਕ! ਆਖ–ਜਿਸ ਮਨੁੱਖ ਦੇ ਚੰਗੇ ਭਾਗ (ਜਾਗਦੇ ਹਨ) ਉਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਗਿੱਝ ਜਾਂਦਾ ਹੈ।੨।੭।੨੫।

ਬਿਲਾਵਲੁ ਮਹਲਾ ੫ ॥ ਰੋਗੁ ਗਇਆ ਪ੍ਰਭਿ ਆਪਿ ਗਵਾਇਆ ॥ ਨੀਦ ਪਈ ਸੁਖ ਸਹਜ ਘਰੁ ਆਇਆ ॥ ੧ ॥ ਰਹਾਉ ॥ ਰਜਿ ਰਜਿ ਭੋਜਨੁ ਖਾਵਹੁ ਮੇਰੇ ਭਾਈ ॥ ਅੰਮ੍ਰਿਤ ਨਾਮੁ ਰਿਦ ਮਾਹਿ ਧਿਆਈ ॥ ੧ ॥ ਨਾਨਕ ਗੁਰ ਪੂਰੇ ਸਰਨਾਈ ॥ ਜਿਨਿ ਅਪਨੇ ਨਾਮ ਕੀ ਪੈਜ ਰਖਾਈ ॥੨॥੮॥੨੬॥ [ਪੰਨਾ ੮੦੭]

ਪਦ ਅਰਥ :–ਪ੍ਰਭਿ–ਪ੍ਰਭੂ ਨੇ। ਨੀਦ–(ਭਾਵ,) ਸ਼ਾਂਤੀ। ਸਹਜ ਘਰੁ–ਆਤਮਕ ਅਡੋਲਤਾ ਦਾ ਟਿਕਾਣਾ।੧। ਰਹਾਉ।

ਰਜਿ–ਰੱਜ ਕੇ। ਭਾਈ–ਹੇ ਭਾਈ! ਅੰਮ੍ਰਿਤ–ਆਤਮਕ ਜੀਵਨ ਦੇਣ ਵਾਲਾ। ਰਿਦ–ਹਿਰਦਾ। ਧਿਆਈ–ਧਿਆਇ।੧।

ਜਿਨਿ–ਜਿਸ (ਗੁਰੂ) ਨੇ। ਪੈਜ–ਲਾਜ, ਇੱਜ਼ਤ।੨।

ਅਰਥ :–(ਹੇ ਭਾਈ! ਗੁਰੂ ਦੀ ਰਾਹੀਂ ਆਪਣੇ ਨਾਮ ਦੀ ਦਾਤਿ ਦੇ ਕੇ ਜਿਸ

ਮਨੁੱਖ ਦਾ ਰੋਗ) ਪ੍ਰਭੂ ਨੇ ਆਪ ਦੂਰ ਕੀਤਾ ਹੈ, ਉਸੇ ਦਾ ਹੀ ਰੋਗ ਦੂਰ ਹੋਇਆ ਹੈ। (ਨਾਮ ਦੀ ਬਰਕਤ ਨਾਲ ਉਸ ਮਨੁੱਖ ਨੂੰ) ਆਤਮਕ ਸ਼ਾਂਤੀ ਮਿਲ ਜਾਂਦੀ ਹੈ, ਉਸ ਨੂੰ ਸੁਖ ਅਤੇ ਆਤਮਕ ਅਡੋਲਤਾ ਵਾਲੀ ਅਵਸਥਾ ਮਿਲ ਜਾਂਦੀ ਹੈ। ੧। ਰਹਾਉ।

ਹੇ ਮੇਰੇ ਵੀਰ! (ਪਰਮਾਤਮਾ ਦਾ ਨਾਮ ਜਿੰਦ ਦੀ ਖ਼ੁਰਾਕ ਹੈ, ਇਹ) ਖ਼ੁਰਾਕ ਰੱਜ ਰੱਜ ਕੇ ਖਾਇਆ ਕਰ, ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਆਪਣੇ ਹਿਰਦੇ ਵਿਚ ਧਿਆਇਆ ਕਰ। ੧।

ਹੇ ਨਾਨਕ! (ਆਖ—ਹੇ ਭਾਈ!) ਪੂਰੇ ਗੁਰੂ ਦੀ ਸਰਨ ਪਿਆ ਰਹੁ (ਗੁਰੂ ਸਰਨ-ਪਏ ਦੀ ਸਹੈਤਾ ਕਰਨ ਵਾਲਾ ਹੈ), ਤੇ ਉਸ ਗੁਰੂ ਨੇ (ਸਦਾ) ਆਪਣੇ ਇਸ ਨਾਮ ਦੀ ਲਾਜ ਪਾਲੀ ਹੈ।੨।੮।੨੬।

ਬਿਲਾਵਲੁ ਮਹਲਾ ੫॥ ਸਤਿਗੁਰ ਕਰਿ ਦੀਨੇ ਅਸਥਿਰ ਘਰ ਬਾਰ॥ ਰਹਾਉ॥ ਜੋ ਜੋ ਨਿੰਦ ਕਰੈ ਇਨ ਗ੍ਰਿਹਨ ਕੀ ਤਿਸੁ ਆਗੈ ਹੀ ਮਾਰੈ ਕਰਤਾਰ॥ ੨॥ ਨਾਨਕ ਦਾਸ ਤਾ ਕੀ ਸਰਣਾਈ ਜਾ ਕੋ ਸਬਦੁ ਅਖੰਡ ਅਪਾਰ॥ ੨॥ ੯॥ ੨੭॥ [ਪੰਨਾ ੮੦੭]

ਪਦ ਅਰਥ :—ਸਤਿਗੁਰ ਘਰ ਬਾਰ—ਗੁਰੂ ਦੇ ਘਰ, ਸਤਸੰਗ, ਸਾਧ ਸੰਗਤਿ। ਅਸਥਿਰ—ਸਦਾ ਕਾਇਮ ਰਹਿਣ ਵਾਲੇ। ਰਹਾਉ।

ਨਿੰਦ—ਨਿੰਦਾ। ਇਨ ਗ੍ਰਿਹਨ ਕੀ—ਇਹਨਾਂ ਘਰਾਂ ਦੀ, ਸਤਸੰਗਾਂ ਦੀ, ਗੁਰ-ਅਸਥਾਨਾਂ ਦੀ। ਆਗੈ ਹੀ—ਪਹਿਲਾਂ ਹੀ। ਮਾਰੈ—ਮਾਰ ਦੇਂਦਾ ਹੈ, ਆਤਮਕ ਮੌਤ ਦੇ ਦੇਂਦਾ ਹੈ। ੧।

ਨਾਨਕ—ਹੇ ਨਾਨਕ! ਤਾ ਕੀ—ਉਸ (ਪਰਮਾਤਮਾਂ) ਦੀ। ਜਾ ਕੋ ਸਬਦੁ—ਜਿਸ (ਪਰਮਾਤਮਾ) ਦਾ ਹੁਕਮ। ਅਖੰਡ—ਕਦੇ ਨਾਂਹ ਨਾਸ ਹੋਣ ਵਾਲਾ, ਅਟੱਲ। ਅਪਾਰ-ਬੇਅੰਤ। ੨।

ਅਰਥ:—ਹੇ ਭਾਈ! ਗੁਰੂ ਦੇ ਘਰਾਂ ਨੂੰ (ਸਾਧ ਸੰਗਤਿ-ਸੰਸਥਾ ਨੂੰ ਪਰਮਾਤਮਾ ਨੇ) ਸਦਾ ਕਾਇਮ ਰਹਿਣ ਵਾਲੇ ਬਣਾ ਦਿੱਤਾ ਹੋਇਆ ਹੈ (ਭਾਵ, ਸਾਧ ਸੰਗਤਿ ਹੀ ਸਦਾ ਲਈ ਐਸੇ ਅਸਥਾਨ ਹਨ ਜਿਥੇ ਪਰਮਾਤਮਾ ਨਾਲ ਮੇਲ ਹੋ ਸਕਦਾ ਹੈ)। ਰਹਾਉ।

ਹੇ ਭਾਈ! ਜੇਹੜਾ ਭੀ ਮਨੁੱਖ ਇਹਨਾਂ ਘਰਾਂ ਦੀ (ਸਾਧ ਸੰਗਤਿ ਦੀ) ਨਿੰਦਾ ਕਰਦਾ ਹੈ (ਭਾਵ, ਜੇਹੜਾ ਭੀ ਮਨੁੱਖ ਸਤਸੰਗ ਤੋਂ ਨਫ਼ਰਤ ਕਰਦਾ ਹੈ) ਉਸ ਮਨੁੱਖ ਨੂੰ ਪਰਮਾਤਮਾ ਨੇ ਪਹਿਲਾਂ ਹੀ ਆਤਮਕ ਮੌਤ ਦਿੱਤੀ ਹੁੰਦੀ ਹੈ (ਉਹ ਮਨੁੱਖ ਪਹਿਲਾਂ ਹੀ ਆਤਮਕ ਤੌਰ ਤੇ ਮੋਇਆ ਹੋਇਆ ਹੁੰਦਾ ਹੈ)। ੧।

ਹੇ ਨਾਨਕ! ਜਿਸ ਪਰਮਾਤਮਾ ਦਾ ਹੁਕਮ ਅਟੱਲ ਹੈ ਤੇ ਬੇਅੰਤ ਹੈ ਉਸ

ਪਰਮਾਤਮਾ ਦੀ ਸਰਨ ਵਿਚ (ਸਾਧ ਸੰਗਤਿ ਦੀ ਬਰਕਤਿ ਨਾਲ ਹੀ ਆ ਸਕੀਦਾ ਹੈ)।੨। ੯।੨੭।

ਬਿਲਾਵਲੁ ਮਹਲਾ ੫ ॥ ਤਾਪ ਸੰਤਾਪ ਸਗਲੇ ਗਏ ਬਿਨਸੇ ਤੇ ਰੋਗ॥ ਪਾਰਬ੍ਰਹਮਿ ਤੂ ਬਖਸਿਆ ਸੰਤਨ ਰਸ ਭੋਗ ॥ ਰਹਾਉ ॥ ਸਰਬ ਸੁਖਾ ਤੇਰੀ ਮੰਡਲੀ ਤੇਰਾ ਮਨੁ ਤਨੁ ਆਰੋਗ ॥ ਗੁਨ ਗਾਵਹੁ ਨਿਤ ਰਾਮ ਕੇ ਇਹ ਅਵ-ਖਧ ਜੋਗ ॥ ੧ ॥ ਆਇ ਬਸਹੁ ਘਰ ਦੇਸ ਮਹਿ ਇਹ ਭਲੇ ਸੰਜੋਗ ॥ ਨਾਨਕ ਪ੍ਰਭ ਸੁਪ੍ਰਸੰਨ ਭਏ ਲਹਿ ਗਏ ਬਿਓਗ ॥੨॥੧੦॥੨੮॥[੮੦੭]

ਪਦ ਅਰਥ :–ਸਗਲੇ–ਸਾਰੇ। ਤੇ–ਉਹ (ਸਾਰੇ) [ਨੋਟ: ਲਫ਼ਜ਼ 'ਤੇ' ਅਤੇ 'ਤੈ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ। ਜਦੋਂ ਲਫ਼ਜ਼ 'ਤੇ' ਪੜਨਾਂਵ ਹੈ ਤਦੋਂ ਇਸ ਦਾ ਅਰਥ ਹੈ ਉਹ (ਬਹੁ ਵਚਨ)। ਜਦੋਂ ਇਹ ਸੰਬੰਧਕ ਹੈ, ਅਰਥ ਹੈ 'ਤੋਂ'। 'ਤੈ' ਦਾ ਅਰਥ ਹੈ 'ਅਤੇ']। ਤੂ–ਤੈਨੂੰ। ਪਾਰਬ੍ਰਹਮਿ–ਪਾਰਬ੍ਰਹਮ ਨੇ। ਸੰਤਨ ਰਸ ਭੋਗ–ਸੰਤਾਂ ਵਾਲੇ ਆਤਮਕ ਆਨੰਦ ਮਾਣ। ਰਹਾਉ।

ਤੇਰੀ ਮੰਡਲੀ–ਤੇਰੇ ਸਾਥੀ। ਆਰੋਗ–ਅਰੋਗ, ਰੋਗ-ਰਹਿਤ। ਅਵਖਧ–ਦਵਾਈ। ਜੋਗ–ਫਬਵੀਂ, ਠੀਕ। ੧।

ਆਇ–ਆ ਕੇ। ਘਰ ਦੇਸ ਮਹਿ–ਹਿਰਦੇ-ਘਰ ਵਿਚ, ਹਿਰਦੇ-ਦੇਸ ਵਿਚ। ਭਲੇ ਸੰਜੋਗ–ਮਿਲਾਪ ਦੇ ਚੰਗੇ ਅਵਸਰ। ਬਿਓਗ–ਵਿਛੋੜੇ। ੨।

ਅਰਥ :–(ਹੇ ਭਾਈ! ਜੇ) ਤੇਰੇ ਉਤੇ ਪਰਮਾਤਮਾ ਨੇ ਬਖ਼ਸ਼ਸ਼ ਕੀਤੀ ਹੈ, ਤਾਂ ਤੂੰ ਸੰਤਾਂ ਵਾਲੇ (ਨਾਮ-ਸਿਮਰਨ ਦੇ) ਆਤਮਕ ਆਨੰਦ ਮਾਣ। (ਜੇਹੜਾ ਮਨੁੱਖ ਇਹ ਆਤ-ਮਕ ਆਨੰਦ ਮਾਣਦਾ ਹੈ, ਉਸ ਦੇ) ਸਾਰੇ ਦੁੱਖ ਸਾਰੇ ਕਲੇਸ਼ ਅਤੇ ਹੋਰ ਸਾਰੇ ਰੋਗ ਨਾਸ ਹੋ ਜਾਂਦੇ ਹਨ। ਰਹਾਉ।

ਹੇ ਭਾਈ! ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹੁ, (ਤਾਪ ਸੰਤਾਪ ਅਤੇ ਰੋਗ ਆਦਿਕਾਂ ਨੂੰ ਦੂਰ ਕਰਨ ਲਈ) ਇਹੀ ਦਵਾਈ ਫਬਵੀਂ ਹੈ। (ਜੇ ਤੂੰ ਨਾਮ-ਸਿਮਰਨ ਦੀ ਇਹ ਦਵਾਈ ਵਰਤਦਾ ਰਹੇਂਗਾ, ਤਾਂ) ਸਾਰੇ ਸੁਖ ਤੇਰੇ ਸਾਥੀ ਬਣੇ ਰਹਿਣਗੇ, ਤੇਰਾ ਮਨ ਰੋਗਾਂ ਤੋਂ ਬਚਿਆ ਰਹੇਗਾ, ਤੇਰਾ ਸਰੀਰ ਰੋਗਾਂ ਤੋਂ ਬਚਿਆ ਰਹੇਗਾ। ੧।

ਹੇ ਭਾਈ! (ਮਨੁੱਖਾ ਜੀਵਨ ਵਾਲੇ ਦਿਨ ਹੀ ਪਰਮਾਤਮਾ ਨਾਲ) ਮਿਲਾਪ ਪੈਦਾ ਕਰਨ ਦੇ ਚੰਗੇ ਅਵਸਰ ਹਨ (ਜਿਤਨਾ ਚਿਰ ਇਹ ਜਨਮ ਮਿਲਿਆ ਹੋਇਆ ਹੈ, ਬਾਹਰ ਭਟਕਣਾ ਛਡ ਕੇ) ਆਪਣੇ ਹਿਰਦੇ-ਘਰ ਦੇਸ ਵਿਚ ਆ ਕੇ ਟਿਕਿਆ ਰਹੁ। ਹੇ ਨਾਨਕ! (ਆਖ–) ਜਿਸ ਮਨੁੱਖ ਉਤੇ ਪ੍ਰਭੂ ਜੀ ਦਇਆਵਾਨ ਹੋ ਜਾਂਦੇ ਹਨ, (ਪ੍ਰਭੂ

ਨਾਲੋਂ ਉਸ ਦੇ) ਸਾਰੇ ਵਿਛੋੜੇ ਦੂਰ ਹੋ ਜਾਂਦੇ ਹਨ । ੨ । ੧੦ । ੨੮ ।

ਬਿਲਾਵਲੁ ਮਹਲਾ ੫ ॥ ਕਾਹੂ ਸੰਗਿ ਨ ਚਾਲਹੀ ਮਾਇਆ ਜੰਜਾਲ॥ ਊਠਿ ਸਿਧਾਰੇ ਛਤ੍ਰਪਤਿ ਸੰਤਨ ਕੈ ਖਿਆਲ ॥ ਰਹਾਉ ॥ ਅਹੰਬੁਧਿ ਕਉ ਬਿਨਸਨਾ ਇਹ ਧੁਰ ਕੀ ਢਾਲ ॥ ਬਹੁ ਜੋਨੀ ਜਨਮਹਿ ਮਰਹਿ ਬਿਖਿਆ ਬਿਕਰਾਲ ॥ ੧ ॥ ਸਤਿ ਬਚਨ ਸਾਧੂ ਕਹਹਿ ਨਿਤ ਜਪਹਿ ਗੁਪਾਲ ॥ ਸਿਮਰਿ ਸਿਮਰਿ ਨਾਨਕ ਤਰੇ ਹਰਿ ਕੇ ਰੰਗ ਲਾਲ ॥੨॥੧੧॥੨੯॥[੮੦੭]

ਪਦ ਅਰਥ :—ਕਾਹੂ ਸੰਗਿ—ਕਿਸੇ ਦੇ ਭੀ ਨਾਲ । ਨ ਚਾਲਹੀ—ਨ ਚਾਲਹਿ, ਨਹੀਂ ਚੱਲਦੇ । ਜੰਜਾਲ—ਖਲ-ਜਗਨ, ਬਖੇੜੇ, ਖਿਲਾਰੇ । ਊਠਿ—ਉੱਠ ਕੇ, ਛੱਡ ਕੇ । ਸਿਧਾਰੇ—ਤੁਰ ਪਏ । ਛਤ੍ਰ ਪਤਿ-ਛਤ੍ਰ ਦੇ ਮਾਲਕ, ਰਾਜੇ ਮਹਾਰਾਜੇ । ਸੰਤਨ ਕੈ—ਸੰਤ ਜਨਾਂ ਦੇ ਮਨ ਵਿਚ । ਖਿਆਲ—(ਇਹ) ਨਿਸ਼ਚਾ । ਰਹਾਉ ।

ਅਹੰਬੁਧਿ—ਹਉਮੈ ਵਾਲੀ ਬੁੱਧੀ । ਕਉ—ਨੂੰ । ਬਿਨਸਨਾ—(ਆਤਮਕ) ਮੌਤ । ਢਾਲ—ਮਰਯਾਦਾ, ਰੀਤ । ਜਨਮਹਿ—ਜੰਮਦੇ ਹਨ । ਮਰਹਿ—ਮਰਦੇ ਹਨ । ਬਿਖਿਆ—ਮਾਇਆ । ਬਿਕਰਾਲ—ਭਿਆਨਕ । ੧ ।

ਸਤਿ ਬਚਨ—ਪ੍ਰਭੂ ਦੀ ਸਿਫ਼ਤਿ ਸਾਲਾਹ । ਕਹਹਿ—ਉਚਾਰਦੇ ਹਨ । ਸਿਮਰਿ—ਸਿਮਰ ਕੇ । ਤਰੇ—(ਸੰਸਾਰ-ਸਮੁੰਦਰ ਤੋਂ) ਪਾਰ ਲੰਘ ਗਏ । ੨ ।

ਅਰਥ :—ਹੇ ਭਾਈ ! ਸੰਤ ਜਨਾਂ ਦੇ ਮਨ ਵਿਚ (ਸਦਾ ਇਹ) ਯਕੀਨ ਬਣਿਆ ਰਹਿੰਦਾ ਹੈ ਕਿ ਮਾਇਆ ਦੇ ਖਿਲਾਰੇ ਕਿਸੇ ਭੀ ਮਨੁੱਖ ਦੇ ਨਾਲ ਨਹੀਂ ਜਾਂਦੇ । ਰਾਜੇ ਮਹਾਰਾਜੇ ਭੀ (ਮੌਤ ਆਉਣ ਤੇ) ਇਹਨਾਂ ਨੂੰ ਛੱਡ ਕੇ ਤੁਰ ਪੈਂਦੇ ਹਨ (ਇਸ ਵਾਸਤੇ ਸੰਤ ਜਨ ਸਦਾ ਪਰਮਾਤਮਾ ਦਾ ਨਾਮ ਸਿਮਰਦੇ ਹਨ) । ਰਹਾਉ ।

(ਹੇ ਭਾਈ ! ਮਾਇਆ ਦੇ ਮੋਹ ਵਿਚ ਫਸ ਕੇ ਹਰ ਵੇਲੇ ਇਹ ਧਾਰਨ ਵਾਲੇ ਨੂੰ ਕਿ ਮੈਂ ਵੱਡਾ ਬਣ ਜਾਵਾਂ ਮੈਂ ਵੱਡਾ ਬਣ ਜਾਵਾਂ—ਇਸ) ਮੈਂ ਮੈਂ ਦੀ ਹੀ ਸੂਝ ਵਾਲੇ ਨੂੰ (ਜ਼ਰੂਰ) ਆਤਮਕ ਮੌਤ ਮਿਲਦੀ ਹੈ—ਇਹ ਮਰਯਾਦਾ ਧੁਰ-ਦਰਗਾਹ ਤੋਂ ਚਲੀ ਆ ਰਹੀ ਹੈ । ਮਾਇਆ ਦੇ ਮੋਹ ਦੇ ਇਹੀ ਭਿਆਨਕ ਨਤੀਜੇ ਹੁੰਦੇ ਹਨ ਕਿ ਮਾਇਆ-ਗ੍ਰਸੇ ਮਨੁੱਖ ਸਦਾ ਅਨੇਕਾਂ ਜੂਨਾਂ ਵਿਚ ਜੰਮਦੇ ਮਰਦੇ ਰਹਿੰਦੇ ਹਨ । ੧ ।

ਹੇ ਨਾਨਕ ! ਗੁਰਮੁਖ ਮਨੁੱਖ ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਕਰਦੇ ਹਨ, ਸਦਾ ਜਗਤ ਦੇ ਪਾਲਣਹਾਰ ਪ੍ਰਭੂ ਦਾ ਨਾਮ ਜਪਦੇ ਹਨ । ਪਰਮਾਤਮਾ ਦੇ ਗੂੜ੍ਹੇ ਪ੍ਰੇਮ-ਰੰਗ ਵਿਚ ਰੰਗੀਜ ਕੇ ਸੰਤ ਜਨ ਸਦਾ ਪ੍ਰਭੂ ਦਾ ਨਾਮ ਸਿਮਰ ਕੇ (ਸੰਸਾਰ-ਸਮੁੰਦਰ ਤੋਂ, ਮਾਇਆ ਦੇ ਮੋਹ ਤੋਂ) ਪਾਰ ਲੰਘ ਜਾਂਦੇ ਹਨ । ੨ । ੧੧ । ੨੯ ।

ਬਿਲਾਵਲੁ ਮਹਲਾ ੫ ॥ ਸਹਜ ਸਮਾਧਿ ਅਨੰਦ ਸੂਖ ਪੂਰੇ ਗੁਰਿ ਦੀਨ ॥ ਸਦਾ ਸਹਾਈ ਸੰਗਿ ਪ੍ਰਭ ਅੰਮ੍ਰਿਤ ਗੁਣ ਚੀਨੑ ॥ ਰਹਾਉ ॥ ਜੈਜੈਕਾਰੁ ਜਗਤ੍ਰ ਮਹਿ ਲੋਚਹਿ ਸਭਿ ਜੀਆ ॥ ਸੁਪ੍ਰਸੰਨ ਭਏ ਸਤਿਗੁਰ ਪ੍ਰਭੂ ਕਛੁ ਬਿਘਨੁ ਨ ਥੀਆ ॥੧॥ ਜਾ ਕਾ ਅੰਗੁ ਦਇਆਲ ਪ੍ਰਭ ਤਾ ਕੇ ਸਭ ਦਾਸ ॥ ਸਦਾ ਸਦਾ ਵਡਿਆਈਆ ਨਾਨਕ ਗੁਰ ਪਾਸਿ ॥੨॥੧੨॥੩੦॥ [ਪੰਨਾ ੮੦੭]

ਪਦ ਅਰਥ :-ਸਹਜ-ਆਤਮਕ ਅਡੋਲਤਾ । ਸਹਜ ਸਮਾਧਿ-ਆਤਮਕ ਅਡੋਲਤਾ ਦੀ ਲੀਨਤਾ, ਆਤਮਕ ਅਡੋਲਤਾ ਵਿਚ ਇਕ-ਰਸ ਟਿਕਾਉ ।ਗੁਰਿ-ਗੁਰੂ ਨੇ। ਦੀਨ-ਦੇ ਦਿੱਤੇ । ਸੰਗਿ-ਨਾਲ । ਅੰਮ੍ਰਿਤ-ਆਤਮਕ ਜੀਵਨ ਦੇਣ ਵਾਲੇ । ਚੀਨੑ-ਵਿਚਾਰੇ ਹਨ[ਅੱਖਰ 'ਨ' ਦੇ ਨਾਲ ਅੱਧਾ 'ਹ' ਹੈ] । ਰਹਾਉ ।

ਜੈ ਜੈਕਾਰੁ-ਸੋਭਾ ਹੀ ਸੋਭਾ । ਜਗਤ੍ਰ ਮਹਿ-ਜਗਤ ਵਿਚ । ਲੋਚਹਿ-ਲੋਚਦੇ ਹਨ, ਚਾਹੁੰਦੇ ਹਨ । ਸਭਿ-ਸਾਰੇ । ਬਿਘਨੁ-ਰੁਕਾਵਟ । ੧ ।

ਜਾ ਕਾ-ਜਿਸ (ਮਨੁੱਖ) ਦਾ । ਅੰਗੁ-ਪੱਖ । ਗੁਰ ਪਾਸਿ-ਗੁਰੂ ਦੇ ਕੋਲ (ਰਿਹਾਂ)। ੨ ।

ਅਰਥ :-(ਹੇ ਭਾਈ! ਜਿਸ ਮਨੁੱਖ ਉੱਤੇ ਗੁਰੂ ਦਇਆਵਾਨ ਹੁੰਦਾ ਹੈ, ਉਸ ਨੂੰ) ਪੂਰੇ ਗੁਰੂ ਨੇ ਆਤਮਕ ਅਡੋਲਤਾ ਵਿਚ ਇਕ-ਰਸ ਟਿਕਾਉ ਦੇ ਸਾਰੇ ਸੁਖ ਆਨੰਦ ਦੇ ਦਿੱਤੇ । ਪ੍ਰਭੂ ਉਸ ਮਨੁੱਖ ਦਾ ਮਦਦਗਾਰ ਬਣਿਆ ਰਹਿੰਦਾ ਹੈ, ਉਸ ਦੇ ਅੰਗ-ਸੰਗ ਰਹਿੰਦਾ ਹੈ, ਉਹ ਮਨੁੱਖ ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਗੁਣ(ਆਪਣੇ ਮਨ ਵਿਚ) ਵਿਚਾਰਦਾ ਰਹਿੰਦਾ ਹੈ । ਰਹਾਉ ।

ਹੇ ਭਾਈ ! ਜਿਸ ਮਨੁੱਖ ਉਤੇ ਗੁਰੂ ਪਰਮਾਤਮਾ ਚੰਗੀ ਤਰ੍ਹਾਂ ਪ੍ਰਸੰਨ ਹੋ ਗਏ,ਉਸ ਮਨੁੱਖ ਦੇ ਜੀਵਨ ਦੇ ਰਸਤੇ ਵਿਚ ਕੋਈ ਰੁਕਾਵਟ ਨਹੀਂ ਆਉਂਦੀ, ਸਾਰੇ ਜਗਤ ਵਿਚ ਹਰ ਥਾਂ ਉਸ ਦੀ ਸੋਭਾ ਹੁੰਦੀ ਹੈ, (ਜਗਤ ਦੇ) ਸਾਰੇ ਜੀਵ (ਉਸ ਦਾ ਦਰਸ਼ਨ ਕਰਨਾ) ਚਾਹੁੰਦੇ ਹਨ । ੧ ।

ਹੇ ਭਾਈ ! ਦਇਆ ਦਾ ਸੋਮਾ ਪ੍ਰਭੂ ਜਿਸ (ਮਨੁੱਖ) ਦਾ ਪੱਖ ਕਰਦਾ ਹੈ, ਸਭ ਜੀਵ ਉਸ ਦੇ ਸੇਵਕ ਹੋ ਜਾਂਦੇ ਹਨ । ਹੇ ਨਾਨਕ ! ਗੁਰੂ ਦੇ ਚਰਨਾਂ ਵਿਚ ਰਿਹਾਂ ਸਦਾ ਹੀ ਆਦਰ-ਮਾਣ ਮਿਲਦਾ ਹੈ । ੨ । ੧੨ । ੩੦ ।

ਰਾਗੁ ਬਿਲਾਵਲੁ ਮਹਲਾ ੫ ਘਰੁ ੫ ਚਉਪਦੇ

ੴ ਸਤਿਗੁਰ ਪ੍ਰਸਾਦਿ ॥ ਮ੍ਰਿਤ ਮੰਡਲ ਜਗੁ ਸਾਜਿਆ ਜਿਉ

ਬਾਲੂ ਘਰ ਬਾਰ ॥ ਬਿਨਸਤ ਬਾਰ ਨ ਲਾਗਈ ਜਿਉ ਕਾਗਦ ਬੂੰਦਾਰ ॥ ੧ ॥ ਸੁਨਿ ਮੇਰੀ ਮਨਸਾ ਮਨੈ ਮਾਹਿ ਸਤਿ ਦੇਖੁ ਬੀਚਾਰਿ॥ ਸਿਧ ਸਾਧਿਕ ਗਿਰਹੀ ਜੋਗੀ ਤਜਿ ਗਏ ਘਰ ਬਾਰ ॥ ੧ ॥ਰਹਾਉ ॥ ਜੈਸਾ ਸੁਪਨਾ ਰੈਨਿ ਕਾ ਤੈਸਾ ਸੰਸਾਰ ॥ ਦ੍ਰਿਸਟਿਮਾਨ ਸਭੁ ਬਿਨਸੀਐ ਕਿਆ ਲਗਹਿ ਗਵਾਰ॥ ੨ ॥ ਕਹਾ ਸੁ ਭਾਈ ਮੀਤ ਹੈ ਦੇਖੁ ਨੈਨ ਪਸਾਰਿ ॥ ਇਕਿ ਚਾਲੇ ਇਕਿ ਚਾਲਸਹਿ ਸਭਿ ਅਪਨੀ ਵਾਰ ॥ ੩ ॥ ਜਿਨ ਪੂਰਾ ਸਤਿਗੁਰੁ ਸੇਵਿਆ ਸੇ ਅਸਥਿਰੁ ਹਰਿ ਦੁਆਰਿ ॥ ਜਨੁ ਨਾਨਕ ਹਰਿ ਕਾ ਦਾਸੁ ਹੈ ਰਾਖੁ ਪੈਜ ਮੁਰਾਰਿ ॥ ੪ ॥ ੧ ॥ ੩੧ ॥ [ਪੰਨਾ ੮੦੯]

ਪਦ ਅਰਥ :–ਮ੍ਰਿਤ ਮੰਡਲ–ਮੌਤ ਦਾ ਚੱਕਰ । ਮ੍ਰਿਤ ਮੰਡਲ ਜਗੁ–ਉਹ ਜਗਤ ਜਿਸ ਉਤੇ ਮੌਤ ਦਾ ਅਧਿਕਾਰ ਹੈ । ਬਾਲੂ–ਰੇਤ । ਬਿਨਸਤ–ਨਾਸ ਹੁੰਦਿਆਂ । ਬਾਰ–ਚਿਰ । ਕਾਗਦ–ਕਾਗ਼ਜ਼ । ਬੂੰਦਾਰ–ਮੀਂਹ ਦੀਆਂ ਕਣੀਆਂ । ੧ ।

ਮਨਸਾ–[ਮਨੀਸ਼ਾ–ਮਨ ਦਾ ਫੁਰਨਾ] ਹੇ ਮੇਰੇ ਮਨ ! ਮਨੈ ਮਾਹਿ–ਮਨ ਵਿਚੋਂ ਹੀ, ਧਿਆਨ ਨਾਲ । ਸਤਿ–ਸੱਚ । ਬੀਚਾਰਿ–ਵਿਚਾਰ ਕੇ । ਸਿਧ–ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ । ਸਾਧਿਕ–ਜੋਗ-ਸਾਧਨ ਕਰਨ ਵਾਲੇ । ਗਿਰਹੀ–ਗ੍ਰਿਹਸਤੀ । ਤਜਿ–ਛੱਡ ਕੇ । ਗਏ–ਚਲੇ ਗਏ । ਘਰ ਬਾਰ–ਘਟ ਘਾਟ, ਸਭ ਕੁਝ । ੧ । ਰਹਾਉ ।

ਰੈਨਿ–ਰਾਤ । ਦ੍ਰਿਸਟਿਮਾਨ–ਜੋ ਕੁਝ ਦਿੱਸ ਰਿਹਾ ਹੈ ।ਕਿਆ ਲਗਹਿ–ਤੂੰ ਕਿਉਂ ਇਸ ਨਾਲ ਚੰਬੜਿਆ ਹੋਇਆ ਹੈਂ ? ਗਵਾਰ–ਹੇ ਮੂਰਖ ! ੨ ।

ਕਹਾ–ਕਹਾਂ ? ਕਿੱਥੇ ? ਨੈਨ–ਅੱਖਾਂ । ਪਸਾਰਿ–ਖੋਹਲ ਕੇ । ਇਕਿ–[ਲਫ਼ਜ਼ 'ਇਕ' ਤੋਂ ਬਹੁ ਵਚਨ] । ਚਾਲੇ–ਚਲੇ ਗਏ ਹਨ । ਚਾਲਸਹਿ–ਚਲੇ ਜਾਣਗੇ । ਸਭਿ–ਸਾਰੇ । ੩ ।

ਸੇਵਿਆ–ਸਰਨ ਲਈ । ਸੇ–[ਬਹੁ ਵਚਨ] ਉਹ ਬੰਦੇ । ਅਸਥਿਰੁ–ਟਿਕੇ ਹੋਏ, ਅਡੋਲ । ਦੁਆਰਿ–ਦਰ ਤੇ ।ਜਨੁ ਨਾਨਕੁ–ਦਾਸ ਨਾਨਕ[ਕਰਤਾ ਕਾਰਕ,ਇਕ ਵਚਨ]। ਪੈਜ–ਲਾਜ, ਇੱਜ਼ਤ । ਮੁਰਾਰਿ–ਹੇ ਮੁਰਾਰਿ ! ੪ ।

ਅਰਥ:–ਹੇ ਮੇਰੇ ਮਨ ਦੇ ਫੁਰਨੇ ! (ਹੇ ਮੇਰੇ ਭਟਕਦੇ ਮਨ !) ਧਿਆਨ ਲਾਲ ਸੁਣ । ਵਿਚਾਰ ਕੇ ਵੇਖ ਲੈ, (ਇਹ) ਸੱਚ (ਹੈ ਕਿ) ਸਿੱਧ ਸਾਧਿਕ ਜੋਗੀ ਗ੍ਰਿਹਸਤੀ–ਸਾਰੇ ਹੀ (ਮੌਤ ਆਉਣ ਤੇ) ਆਪਣਾ ਸਭ ਕੁਝ (ਇਥੇ ਹੀ) ਛੱਡ ਕੇ (ਇਥੋਂ) ਤੁਰੇ ਜਾ ਰਹੇ ਹਨ । ੧ । ਰਹਾਉ ।

(ਹੇ ਮੇਰੇ ਮਨ !) ਇਹ ਜਗਤ (ਪਰਮਾਤਮਾ ਨੇ ਐਸਾ) ਬਣਾਇਆ ਹੈ(ਕਿ ਇਸ

ਉਤੇ) ਮੌਤ ਦਾ ਰਾਜ ਹੈ, ਇਹ ਇਉਂ ਹੈ ਜਿਵੇਂ ਰੇਤ ਦੇ ਬਣੇ ਹੋਏ ਘਰ ਆਦਿਕ ਹੋਣ। ਜਿਵੇਂ ਮੀਂਹ ਦੀਆਂ ਕਣੀਆਂ ਨਾਲ ਕਾਗ਼ਜ਼ (ਤੁਰਤ) ਗਲ ਜਾਂਦੇ ਹਨ, ਤਿਵੇਂ ਇਹਨਾਂ (ਘਰਾਂ) ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ।੧।

(ਹੇ ਮੇਰੇ ਭਟਕਦੇ ਮਨ !) ਇਹ ਜਗਤ ਇਉਂ ਹੀ ਹੈ ਜਿਵੇਂ ਰਾਤ ਨੂੰ (ਸੁੱਤੇ ਪਿਆਂ ਆਇਆ ਹੋਇਆ) ਸੁਪਨਾ ਹੁੰਦਾ ਹੈ। ਹੇ ਮੂਰਖ ! ਜੋ ਕੁਝ ਦਿੱਸ ਰਿਹਾ ਹੈ, ਇਹ ਸਾਰਾ ਨਾਸਵੰਤ ਹੈ। ਤੂੰ ਇਸ ਵਿਚ ਕਿਉਂ ਮੋਹ ਬਣਾ ਰਿਹਾ ਹੈਂ ? ੨।

ਹੇ ਮੂਰਖ ! ਅੱਖਾਂ ਖੋਹਲ ਕੇ ਵੇਖ। (ਤੇਰੇ) ਉਹ ਭਰਾ ਉਹ ਮਿੱਤਰ ਕਿੱਥੇ ਗਏ ਹਨ ? ਆਪਣੀ ਵਾਰੀ ਸਿਰ ਕਈ (ਇਥੋਂ) ਜਾ ਚੁਕੇ ਹਨ, ਕਈ ਚਲੇ ਜਾਣਗੇ। ਸਾਰੇ ਹੀ ਜੀਵ ਆਪੋ ਆਪਣੀ ਵਾਰੀ (ਤੁਰੇ ਜਾ ਰਹੇ ਹਨ)। ੩।

ਹੇ ਭਾਈ ! ਜਿਨ੍ਹਾਂ ਮਨੁੱਖਾਂ ਨੇ ਪੂਰੇ ਗੁਰੂ ਦਾ ਆਸਰਾ ਲਿਆ ਹੈ ਉਹ (ਦਿੱਸਦੇ ਜਗਤ ਵਿਚ ਮੋਹ ਪਾਣ ਦੇ ਥਾਂ) ਪਰਮਾਤਮਾ ਦੇ ਦਰ ਤੇ (ਪਰਮਾਤਮਾ ਦੇ ਚਰਨਾਂ ਵਿਚ) ਟਿਕੇ ਰਹਿੰਦੇ ਹਨ। ਦਾਸ ਨਾਨਕ (ਤਾਂ) ਪਰਮਾਤਮਾ ਦਾ ਹੀ ਸੇਵਕ ਹੈ (ਪ੍ਰਭੂ ਦੇ ਦਰ ਤੇ ਹੀ ਅਰਦਾਸ ਕਰਦਾ ਹੈ ਕਿ) ਹੇ ਪ੍ਰਭੂ ! (ਮੈਂ ਤੇਰੀ ਸਰਨ ਆਇਆ ਹਾਂ, ਮੇਰੀ) ਲਾਜ ਰੱਖ।੪।੧।੩੧।

ਨੋਟ ! ਇਥੋਂ ਫਿਰ ਚਉਪਦੇ ਸ਼ੁਰੂ ਹੋ ਗਏ ਹਨ। 'ਘਰੁ ੫' ਦੇ।

ਬਿਲਾਵਲੁ ਮਹਲਾ ੫ ॥ ਲੋਕਨ ਕੀਆ ਵਡਿਆਈਆ ਬੈਸੰਤਰਿ ਪਾਗਉ ॥ ਜਿਉ ਮਿਲੈ ਪਿਆਰਾ ਆਪਨਾ ਤੇ ਬੋਲ ਕਰਾਗਉ ॥ ੧ ॥ ਜਉ ਪ੍ਰਭ ਜੀਉ ਦਇਆਲ ਹੋਇ ਤਉ ਭਗਤੀ ਲਾਗਉ ॥ ਲਪਟਿ ਰਹਿਓ ਮਨੁ ਬਾਸਨਾ ਗੁਰ ਮਿਲਿ ਇਹ ਤਿਆਗਉ ॥ ੧ ॥ ਰਹਾਉ ॥ ਕਰਉ ਬੇਨਤੀ ਅਤਿ ਘਨੀ ਇਹੁ ਜੀਉ ਹੋਮਾਗਉ ॥ ਅਰਥ ਆਨ ਸਭਿ ਵਾਰਿਆ ਪ੍ਰਿਅ ਨਿਮਖ ਸੋਹਾਗਉ ॥੨॥ ਪੰਚ ਸੰਗੁ ਗੁਰ ਤੇ ਛੁਟੇ ਦੋਖ ਅਰੁ ਰਾਗਉ ॥ਰਿਦੈ ਪ੍ਰਗਾਸੁ ਪ੍ਰਗਟ ਭਇਆ ਨਿਸਿ ਬਾਸੁਰ ਜਾਗਉ ॥੩॥ ਸਰਣਿ ਸੋਹਾਗਨਿ ਆਇਆ ਜਿਸੁ ਮਸਤਕਿ ਭਾਗਉ ॥ ਕਹੁ ਨਾਨਕ ਤਿਨਿ ਪਾਇਆ ਤਨੁ ਮਨੁ ਸੀਤਲਾਗਉ ॥ ੪ ॥ ੨ ॥ ੩੨ ॥ [ਪੰਨਾ ੮੦੯]

ਪਦ ਅਰਥ :-ਕੀਆ-ਕੀਆਂ, ਦੀਆਂ। ਬੈਸੰਤਰਿ-ਅੱਗ ਵਿਚ। ਪਾਗਉ-ਪਾਗਉਂ, ਮੈਂ ਪਾ ਦਿਆਂ। ਤੇ-[ਬਹੁ ਵਚਨ] ਉਹ। ਕਰਾਗਉ-ਕਰਾਗਉਂ, ਮੈਂ ਕਰਾਂਗਾ। ੧।

ਜਉ-ਜਦੋਂ। ਲਾਗਉ-ਲਾਗਉਂ, ਮੈਂ ਲੱਗਦਾ ਹਾਂ। ਲਪਟਿ ਰਹਿਓ-ਚੰਬੜ

ਰਿਹਾ ਹੈ। ਗੁਰ ਮਿਲਿ–ਗੁਰੂ ਨੂੰ ਮਿਲ ਕੇ। ਇਹ–ਇਹ ਵਾਸਨਾ। ਤਿਆਗਉ–ਮੈਂ ਤਿਆਗ ਦਿਆਂਗਾ।੧। ਰਹਾਉ।

ਕਰਉ–ਕਰਉਂ, ਮੈਂ ਕਰਦਾ ਹਾਂ। ਅਤਿ ਘਨੀ--ਬਹੁਤ ਵਧੀਕ। ਜੀਉ–ਜਿੰਦ। ਹੋਮਾਗਉ–ਹੋਮਾਗਉਂ, ਮੈਂ ਵਾਰ ਦਿਆਂਗਾ। ਅਰਥ ਆਨ–ਹੋਰ (ਸਾਰੇ) ਪਦਾਰਥ। ਸਭਿ–ਸਾਰੇ। ਵਾਰਿਆ–ਕੁਰਬਾਨ ਕੀਤੇ। ਪ੍ਰਿਅ ਸੁਹਾਗਉ–ਪਿਆਰੇ ਦੇ ਸੁਹਾਗ ਤੋਂ ਪਿਆਰੇ ਦੇ ਮਿਲਾਪ ਦੇ ਆਨੰਦ ਤੋਂ। ਨਿਮਖ–[ਨਿਮੇਸ਼] ਅੱਖ ਝਮਕਣ ਜਿਤਨਾ ਸਮਾ।੨।

ਪੰਚ ਸੰਗ–(ਕਾਮਾਦਿਕ) ਪੰਜਾਂ ਦਾ ਸਾਥ। ਤੇ–ਤੋਂ, ਦੀ ਰਾਹੀਂ। ਛੁਟੇ–ਦੂਰ ਹੁੰਦਾ ਹੈ। ਦੋਖ–ਦ੍ਵੈਖ। ਰਾਗਉ–ਰਾਗ, ਮੋਹ। ਅਰੁ–ਅਤੇ [ਲਫ਼ਜ਼ 'ਅਰਿ' ਅਤੇ 'ਅਰੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ]। ਰਿਦੈ–ਹਿਰਦੇ ਵਿਚ। ਪ੍ਰਗਾਸੁ–ਚਾਨਣ, ਸਹੀ ਜੀਵਨ ਦਾ ਚਾਨਣ। ਨਿਸਿ–ਰਾਤ। ਬਾਸੁਰ–ਦਿਨ। ਜਾਗਉ–ਜਾਗਉਂ, ਮੈਂ ਜਾਗਦਾ ਹਾਂ, ਮੈਂ (ਕਾਮਾਦਿਕਾਂ ਦੇ ਰੌਲੇ ਤੋਂ) ਸੁਚੇਤ ਰਹਿੰਦਾ ਹਾਂ।੩।

ਜਿਸੁ ਮਸਤਕਿ–ਜਿਸ ਦੇ ਮੱਥੇ ਉਤੇ। ਭਾਗਉ–ਚੰਗਾ ਭਾਗ, ਚੰਗੀ ਕਿਸਮਤ। ਤਿਨਿ–ਉਸ ਨੇ। ਸੀਤਲਾਗਉ–ਸੀਤਲ, ਠੰਢਾ-ਠਾਰ।੪।

ਅਰਥ :–ਹੇ ਭਾਈ ! ਜਦੋਂ ਪ੍ਰਭੂ ਜੀ ਮੇਰੇ ਉਤੇ ਦਇਆਵਾਨ ਹੋਣ, ਤਦੋਂ ਹੀ ਮੈਂ ਉਸ ਦੀ ਭਗਤੀ ਵਿਚ ਲੱਗ ਸਕਦਾ ਹਾਂ। ਇਹ ਮਨ (ਸੰਸਾਰਕ ਪਦਾਰਥਾਂ ਦੀਆਂ) ਵਾਸਨਾਂ ਵਿਚ ਫਸਿਆ ਰਹਿੰਦਾ ਹੈ, ਗੁਰੂ ਦੀ ਸਰਨ ਪੈ ਕੇ ਹੀ ਇਹ ਵਾਸਨਾਂ ਛੱਡੀਆਂ ਜਾ ਸਕੀਦੀਆਂ ਹਨ (ਮੈਂ ਛੱਡ ਸਕਦਾ ਹਾਂ)।੧। ਰਹਾਉ।

(ਹੇ ਭਾਈ ! ਪਰਮਾਤਮਾ ਦੇ ਮਿਲਾਪ ਦੇ ਟਾਕਰੇ ਤੇ) ਲੋਕਾਂ ਵਲੋਂ ਮਿਲ ਰਹੀਆਂ ਇੱਜ਼ਤਾਂ ਨੂੰ ਤਾਂ ਮੈਂ ਅੱਗ ਵਿਚ ਪਾ ਦੇਣ ਨੂੰ ਤਿਆਰ ਹਾਂ। (ਦੁਨੀਆ ਦੇ ਲੋਕਾਂ ਦੀ ਖ਼ੁਸ਼ਾਮਦ ਕਰਨ ਦੇ ਥਾਂ) ਮੈਂ ਤਾਂ ਉਹੀ ਬੋਲ ਬੋਲਾਂਗਾ, ਜਿਨ੍ਹਾਂ ਦਾ ਸਦਕਾ ਮੈਨੂੰ ਮੇਰਾ ਪਿਆਰਾ ਪ੍ਰਭੂ ਮਿਲ ਪਏ।੧।

(ਹੇ ਭਾਈ ! ਪ੍ਰਭੂ ਦੇ ਦਰ ਤੇ) ਮੈਂ ਬੜੀ ਅਧੀਨਗੀ ਨਾਲ ਅਰਦਾਸਾਂ ਕਰਾਂਗਾ, ਆਪਣੀ ਇਹ ਜਿੰਦ ਭੀ ਕੁਰਬਾਨ ਕਰ ਦਿਆਂਗਾ। ਪਿਆਰੇ ਦੇ ਇਕ ਪਲ ਭਰ ਦੇ ਮਿਲਾਪ ਦੇ ਆਨੰਦ ਦੇ ਵੱਟੇ ਵਿਚ ਮੈਂ (ਦੁਨੀਆ ਦੇ) ਸਾਰੇ ਪਦਾਰਥ ਸਦਕੇ ਕਰ ਦਿਆਂਗਾ।੨।

(ਹੇ ਭਾਈ !) ਗੁਰੂ ਦੀ ਕਿਰਪਾ ਨਾਲ (ਮੇਰੇ ਅੰਦਰੋਂ ਕਾਮਾਦਿਕ) ਪੰਜਾਂ ਦਾ ਸਾਥ ਮੁੱਕ ਗਿਆ ਹੈ, (ਮੇਰੇ ਅੰਦਰੋਂ) ਦ੍ਵੈਖ ਅਤੇ ਮੋਹ ਦੂਰ ਹੋ ਗਏ ਹਨ। ਮੇਰੇ ਹਿਰਦੇ ਵਿਚ (ਸਹੀ ਜੀਵਨ ਦਾ) ਚਾਨਣ ਹੋ ਗਿਆ ਹੈ, ਹੁਣ ਮੈਂ (ਕਾਮਾਦਿਕਾਂ ਦੇ ਹੱਲੇ ਵੱਲੋਂ) ਰਾਤ

ਦਿਨ ਸੁਚੇਤ ਰਹਿੰਦਾ ਹਾਂ । ੩ ।

ਹੇ ਨਾਨਕ ! ਆਖ—ਜਿਸ ਮਨੁੱਖ ਦੇ ਮੱਥੇ ਉੱਤੇ ਚੰਗੇ ਭਾਗ ਜਾਗਦੇ ਹਨ, ਉਹ ਸੁਹਾਗਣ ਇਸਤ੍ਰੀ ਵਾਂਗ (ਗੁਰੂ ਦੀ) ਸਰਨ ਪੈਂਦਾ ਹੈ, (ਗੁਰੂ ਦੀ ਕਿਰਪਾ ਨਾਲ) ਉਸ ਨੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ ਹੈ, ਉਸ ਦਾ ਮਨ ਉਸ ਦਾ ਸਰੀਰ (ਕਾਮਾਦਿਕਾਂ ਵਲੋਂ ਖ਼ਲਾਸੀ ਪ੍ਰਾਪਤ ਕਰ ਕੇ) ਠੰਢਾ-ਠਾਰ ਹੋ ਜਾਂਦਾ ਹੈ । ੪ । ੨ । ੩੨ ।

ਬਿਲਾਵਲੁ ਮਹਲਾ ੫ ।। ਲਾਲ ਰੰਗੁ ਤਿਸ ਕਉ ਲਗਾ ਜਿਸ ਕੇ ਵਡਭਾਗਾ ।। ਮੈਲਾ ਕਦੇ ਨ ਹੋਵਈ ਨਹ ਲਾਗੈ ਦਾਗਾ ॥ ੧ ॥ ਪ੍ਰਭੁ ਪਾਇਆ ਸੁਖਦਾਈਆ ਮਿਲਿਆ ਸੁਖ ਭਾਇ ।। ਸਹਜਿ ਸਮਾਨਾ ਭੀਤਰੇ ਛੋਡਿਆ ਨਹ ਜਾਇ ।।੧।। ਰਹਾਉ ।। ਜਰਾ ਮਰਾ ਨਹ ਵਿਆਪਈ ਫਿਰਿ ਦੂਖੁ ਨ ਪਾਇਆ ।। ਪੀ ਅੰਮ੍ਰਿਤੁ ਆਘਾਨਿਆ ਗੁਰਿ ਅਮਰ ਕਰਾਇਆ ॥ ੨ ॥ ਸੋ ਜਾਨੈ ਜਿਨਿ ਚਾਖਿਆ ਹਰਿ ਨਾਮੁ ਅਮੋਲਾ ।। ਕੀਮਤਿ ਕਹੀ ਨ ਜਾਈਐ ਕਿਆ ਕਹਿ ਮੁਖਿ ਬੋਲਾ ।। ੩।। ਸਫਲ ਦਰਸੁ ਤੇਰਾ ਪਾਰਬ੍ਰਹਮ ਗੁਣਨਿਧਿ ਤੇਰੀ ਬਾਣੀ ॥ ਪਾਵਉ ਧੂਰਿ ਤੇਰੇ ਦਾਸ ਕੀ ਨਾਨਕ ਕੁਰਬਾਣੀ।। ੪।।੩।।੩੩।। [ਪੰਨਾ ੮੦੯]

ਪਦ ਅਰਥ :—ਲਾਲ ਰੰਗੁ—[ਲਾਲ ਰੰਗ ਸੁਹਾਗ ਦੀ ਨਿਸ਼ਾਨੀ ਹੈ । ਨਵੀਂ ਵਿਆਹੀ ਸੁਹਾਗਣ ਪਹਿਲਾਂ ਪਹਿਲਾਂ ਲਾਲ ਕੱਪੜੇ ਪਹਿਨਦੀ ਹੈ] ਸੁਹਾਗਣਾਂ ਵਾਲਾ ਗੂੜ੍ਹਾ ਪ੍ਰੇਮ ਰੰਗ । ਤਿਸ ਕਉ—[ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ] । ਜਿਸ ਕੇ—[ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ] । ਨ ਹੋਵਈ—ਨ ਹੋਵਏ, ਨ ਹੋਵੈ, ਨਹੀਂ ਹੁੰਦਾ । ਦਾਗਾ—(ਵਿਕਾਰਾਂ ਦਾ) ਦਾਗ਼।੧।

ਸੁਖਦਾਈਆ—ਸੁਖ ਦੇਣ ਵਾਲਾ । ਸੁਖ ਭਾਇ—ਸੁਖ ਦੇ ਭਾਵ ਨਾਲ, ਆਤਮਕ ਆਨੰਦ ਦੀ ਰਾਹੀਂ । ਸਹਜਿ—ਆਤਮਕ ਅਡੋਲਤਾ ਵਿਚ । ਭੀਤਰੇ—ਹਿਰਦੇ ਵਿਚ,ਅੰਦਰ ਹੀ । ੧ । ਰਹਾਉ ।

ਜਰਾ—ਬੁਢੇਪਾ । ਮਰਾ—ਮੌਤ, ਆਤਮਕ ਮੌਤ । ਨਹ ਵਿਆਪਈ—ਜ਼ੋਰ ਨਹੀਂ ਪਾ ਸਕਦਾ । ਪੀ—ਪੀ ਕੇ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ ।ਆਘਾਨਿਆ —ਰੱਜ ਜਾਂਦਾ ਹੈ । ਗੁਰਿ—ਗੁਰੂ ਨੇ । ਅਮਰ—ਅਟੱਲ ਆਤਮਕ ਜੀਵਨ ਦਾ ਮਾਲਕ ।੨।

ਜਿਨਿ—ਜਿਸ ਨੇ । ਅਮੋਲਾ—ਜੋ ਕਿਸੇ ਭੀ ਮੁੱਲ ਤੋਂ ਨਾਂਹ ਮਿਲ ਸਕੇ । ਕਿਆ ਕਹਿ—ਕੀਹ ਆਖ ਕੇ ? ਮੁਖਿ—ਮੂੰਹੋਂ । ਬੋਲਾ—ਬੋਲਾਂ, ਮੈਂ ਬੋਲਾਂ । ੩ ।

ਸਫਲ—ਫਲ ਦੇਣ ਵਾਲਾ, ਮਨੁੱਖਾ ਜੀਵਨ ਦਾ ਮਨੋਰਥ ਪੂਰਾ ਕਰਨ ਵਾਲਾ ।

ਪਾਰਬ੍ਰਹਮ–ਹੇ ਪਾਰਬ੍ਰਹਮ ! ਗੁਣ ਨਿਧਿ–ਗੁਣਾਂ ਦਾ ਖ਼ਜ਼ਾਨਾ । ਪਾਵਉ–ਪਾਵਉਂ, ਮੈਂ ਪ੍ਰਾਪਤ ਕਰ ਲਵਾਂ । ਧੂਰਿ–ਚਰਨਾਂ ਦੀ ਧੂੜ । ਨਾਨਕ–ਹੇ ਨਾਨਕ ! ੪ ।

ਅਰਥ :–ਹੇ ਭਾਈ ! ਜਿਸ ਮਨੁੱਖ ਨੇ (ਸਾਰੇ) ਸੁਖ ਦੇਣ ਵਾਲਾ ਪਰਮਾਤਮਾ ਲੱਭ ਲਿਆ, ਜਿਸ ਮਨੁੱਖ ਨੂੰ ਆਤਮਕ ਆਨੰਦ ਅਤੇ ਪ੍ਰੇਮ ਵਿਚ ਟਿਕ ਕੇ ਪ੍ਰਭੂ ਮਿਲ ਪਿਆ, ਉਹ (ਸਦਾ) ਅੰਦਰੋਂ ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ, (ਉਸ ਨੂੰ ਇਤਨਾ ਰਸ ਆਉਂਦਾ ਹੈ ਕਿ ਫਿਰ ਉਹ ਉਸ ਨੂੰ) ਛੱਡ ਨਹੀਂ ਸਕਦਾ । ੧ । ਰਹਾਉ ।

ਹੇ ਭਾਈ ! ਜਿਸ ਮਨੁੱਖ ਦੇ ਵੱਡੇ ਭਾਗ ਜਾਗ ਪੈਣ, ਉਸ ਦੇ ਹੀ ਮਨ ਨੂੰ ਪ੍ਰਭੂ-ਪਿਆਰ ਦਾ ਗੂੜ੍ਹਾ ਲਾਲ ਰੰਗ ਚੜ੍ਹਦਾ ਹੈ । ਇਹ ਰੰਗ ਐਸਾ ਹੈ ਕਿ ਇਸ ਨੂੰ (ਵਿਕਾਰਾਂ ਦੀ) ਮੈਲ ਨਹੀਂ ਲੱਗਦੀ, ਇਸ ਨੂੰ ਵਿਕਾਰਾਂ ਦਾ ਦਾਗ਼ ਨਹੀਂ ਲੱਗਦਾ । ੧ ।

ਹੇ ਭਾਈ ! ਜਿਸ ਮਨੁੱਖ ਨੂੰ ਗੁਰੂ ਨੇ ਅਟੱਲ ਆਤਮਕ ਜੀਵਨ ਦੇ ਦਿੱਤਾ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਕੇ (ਮਾਇਆ ਦੀ ਭੁੱਖ ਵਲੋਂ) ਰੱਜ ਜਾਂਦਾ ਹੈ । ਉਸ ਦੀ ਇਸ ਆਤਮਕ ਉੱਚਤਾ ਨੂੰ ਕਦੇ ਬੁਢੇਪਾ ਨਹੀਂ ਆਉਂਦਾ, ਕਦੇ ਮੌਤ ਨਹੀਂ ਆਉਂਦੀ, ਉਸ ਨੂੰ ਫਿਰ ਕਦੇ ਕੋਈ ਦੁੱਖ ਪੋਹ ਨਹੀਂ ਸਕਦਾ । ੨ ।

ਹੇ ਭਾਈ ! ਪਰਮਾਤਮਾ ਦਾ ਨਾਮ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਵਿਚ ਨਹੀਂ ਮਿਲ ਸਕਦਾ । ਇਸ ਦੀ ਕਦਰ ਉਹੀ ਮਨੁੱਖ ਜਾਣਦਾ ਹੈ ਜਿਸ ਨੇ ਕਦੇ ਚੱਖ ਵੇਖਿਆ ਹੈ। ਹੇ ਭਾਈ ! ਹਰਿ-ਨਾਮ ਦਾ ਮੁੱਲ ਦੱਸਿਆ ਨਹੀਂ ਜਾ ਸਕਦਾ । ਮੈਂ ਕੀਹ ਆਖ ਕੇ ਮੂੰਹੋਂ (ਇਸ ਦਾ ਮੁੱਲ) ਦੱਸਾਂ ? ੩ ।

ਹੇ ਪਰਮਾਤਮਾ ! ਤੇਰਾ ਦਰਸ਼ਨ ਮਨੁੱਖਾ ਜਨਮ ਦਾ ਮਨੋਰਥ ਪੂਰਾ ਕਰਨ ਵਾਲਾ ਹੈ, ਤੇਰੀ ਸਿਫ਼ਤਿ ਸਾਲਾਹ ਦੀ ਬਾਣੀ ਗੁਣਾਂ ਦਾ ਖ਼ਜ਼ਾਨਾ ਹੈ । ਹੇ ਨਾਨਕ ! (ਆਖ–ਹੇ ਪ੍ਰਭੂ ! ਮੇਹਰ ਕਰ) ਮੈਂ ਤੇਰੇ ਸੇਵਕ ਦੇ ਪੈਰਾਂ ਦੀ ਖ਼ਾਕ ਹਾਸਲ ਕਰ ਸਕਾਂ, ਮੈਂ ਤੇਰੇ ਸੇਵਕ ਤੋਂ ਸਦਕੇ ਜਾਵਾਂ । ੪ । ੩ । ੩੩ ।

ਬਿਲਾਵਲੁ ਮਹਲਾ ੫॥ ਰਾਖਹੁ ਅਪਨੀ ਸਰਣਿ ਪ੍ਰਭ ਮੋਹਿ ਕਿਰਪਾ ਧਾਰੇ ॥ ਸੇਵਾ ਕਛੂ ਨ ਜਾਨਊ ਨੀਚੁ ਮੂਰਖਾਰੇ ॥ ੧ ॥ ਮਾਨੁ ਕਰਉ ਤੁਧੁ ਊਪਰੇ ਮੇਰੇ ਪ੍ਰੀਤਮ ਪਿਆਰੇ ॥ ਹਮ ਅਪਰਾਧੀ ਸਦ ਭੂਲਤੇ ਤੁਮ੍ਹ ਬਖਸਨ-ਹਾਰੇ ॥ ੧ ॥ ਰਹਾਉ ॥ ਹਮ ਅਵਗਨ ਕਰਹ ਅਸੰਖ ਨੀਤਿ ਤੁਮ੍ਹ ਨਿਰਗੁਨ ਦਾਤਾਰੇ ॥ ਦਾਸੀ ਸੰਗਤਿ ਪ੍ਰਭੂ ਤਿਆਗਿ ਏ ਕਰਮ ਹਮਾਰੇ ॥ ੨ ॥ ਤੁਮ੍ਹ ਦੇਵਹੁ ਸਭੁ ਕਿਛੁ ਦਇਆ ਧਾਰਿ ਹਮ ਅਕਿਰਤਘਨਾਰੇ ॥ਲਾਗਿ ਪਰੇ ਤੇਰੇ ਦਾਨ ਸਿਉ ਨਹ ਚਿਤਿ ਖਸਮਾਰੇ ॥੩॥ ਤੁਝ ਤੇ ਬਾਹਰਿ ਕਿਛੁ ਨਹੀ

ਭਵ ਕਾਟਨਹਾਰੇ ॥ ਕਹੁ ਨਾਨਕ ਸਰਣਿ ਦਇਆਲ ਗੁਰ ਲੇਹੁ ਮੁਗਧ ਉਧਾਰੇ ॥੪॥੪॥੩੪॥ [ਪੰਨਾ ੮੦੯]

ਪਦ ਅਰਥ :—ਪ੍ਰਭ—ਹੇ ਪ੍ਰਭੂ ! ਮੋਹਿ—ਮੈਨੂੰ । ਕਿਰਪਾ ਧਾਰੇ—ਕਿਰਪਾ ਧਾਰਿ, ਕਿਰਪਾ ਕਰ ਕੇ । ਨ ਜਾਨਊ—ਨ ਜਾਨਊਂ, ਮੈਂ ਨਹੀਂ ਜਾਣਦਾ । ਨੀਚੁ—ਨੀਵੇਂ ਆਤਮਕ ਜੀਵਨ ਵਾਲਾ । ਮੂਰਖਾਰੇ—ਮੂਰਖ । ੧ ।

ਮਾਨੁ—ਫ਼ਖ਼ਰ । ਮਾਨੁ ਕਰਉ—ਮਾਨੁ ਕਰਉਂ, ਮੈਂ ਫ਼ਖ਼ਰ ਕਰਦਾ ਹਾਂ, ਮੈਂ ਭਰੋਸਾ ਰੱਖੀ ਬੈਠਾ ਹਾਂ । ਊਪਰੇ—ਉਪਰ ਹੀ, ਉੱਤੇ ਹੀ । ਪ੍ਰੀਤਮ—ਹੇ ਪ੍ਰੀਤਮ ! ਸਦ—ਸਦਾ । ਤੁਮ੍—[ਅੱਖਰ 'ਨ' ਦੇ ਨਾਲ ਅੱਧਾ 'ਹ' ਹੈ] । ਬਖਸਨਹਾਰੇ—ਬਖ਼ਸ਼ਸ਼ ਕਰਨ ਦੀ ਸਮਰਥਾ ਵਾਲਾ । ੧ । ਰਹਾਉ ।

ਹਮ ਕਰਹ—ਅਸੀ ਕਰਦੇ ਹਾਂ [ਕਰਹ—ਵਰਤਮਾਨ ਕਾਲ, ਉੱਤਮ ਪੁਰਖ, ਬਹੁ ਵਚਨ] । ਨੀਤਿ—ਨਿੱਤ, ਸਦਾ । ਨਿਰਗੁਨ ਦਾਤਾਰੇ—ਗੁਣ ਹੀਨਾਂ ਦਾ ਦਾਤਾ । ਦਾਸੀ—(ਤੇਰੀ) ਦਾਸੀ, ਮਾਇਆ । ਤਿਆਗਿ—ਵਿਸਾਰ ਕੇ । ੨ ।

ਸਭੁ ਕਿਛੁ—ਹਰੇਕ ਚੀਜ਼ । ਅਕਿਰਤਘਨਾਰੇ—[ਕ੍ਰਿਤਘ੍ਨ—ਕੀਤੇ (ਉਪਕਾਰ) ਨੂੰ ਭੁਲਾਣ ਵਾਲੇ] ਨਾ-ਸ਼ੁਕਰੇ । ਲਾਗਿ ਪਰੇ—ਮੋਹ ਕਰ ਰਹੇ ਹਾਂ । ਸਿਉ—ਨਾਲ । ਚਿਤਿ—ਚਿੱਤ ਵਿਚ । ੩ ।

ਤੇ—ਤੋਂ । ਬਾਹਰਿ—ਆਕੀ, ਵੱਖਰਾ । ਭਵ—ਜਨਮ ਮਰਨ (ਦਾ ਗੇੜ) । ਗੁਰ—ਹੇ ਗੁਰੂ ! ਲੇਹ ਉਧਾਰੇ—ਉਧਾਰਿ ਲੇਹੁ, ਬਚਾ ਲੈ । ਮੁਗਧ—ਮੂਰਖ । ੪ ।

ਅਰਥ :—ਹੇ ਮੇਰੇ ਪ੍ਰੀਤਮ ! ਹੇ ਮੇਰੇ ਪਿਆਰੇ ! ਅਸੀ ਜੀਵ ਸਦਾ ਅਪਰਾਧ ਕਰਦੇ ਰਹਿੰਦੇ ਹਾਂ,ਭੁੱਲਾਂ ਕਰਦੇ ਰਹਿੰਦੇ ਹਾਂ, ਤੂੰ ਸਦਾ ਸਾਨੂੰ ਬਖ਼ਸ਼ਣ ਵਾਲਾ ਹੈਂ(ਇਸ ਕਰਕੇ) ਮੈਂ ਤੇਰੇ ਉਤੇ ਹੀ (ਤੇਰੀ ਬਖ਼ਸ਼ਸ਼ ਉਤੇ ਹੀ) ਭਰੋਸਾ ਰੱਖਦਾ ਹਾਂ । ੧ । ਰਹਾਉ ।

ਹੇ ਪ੍ਰਭੂ ! ਮੇਹਰ ਕਰ ਕੇ ਤੂੰ ਮੈਨੂੰ ਆਪਣੀ ਹੀ ਸਰਨ ਵਿਚ ਰੱਖ । ਮੈਂ ਨੀਵੇਂ ਜੀਵਨ ਵਾਲਾ ਹਾਂ, ਮੈਂ ਮੂਰਖ ਹਾਂ । ਮੈਨੂੰ ਤੇਰੀ ਸੇਵਾ-ਭਗਤੀ ਕਰਨ ਦੀ ਜਾਚ-ਅਕਲ ਨਹੀਂ ਹੈ । ੧ ।

ਹੇ ਪ੍ਰਭੂ ! ਅਸੀ ਸਦਾ ਹੀ ਅਣਗਿਣਤ ਔਗਣ ਕਰਦੇ ਰਹਿੰਦੇ ਹਾਂ,ਤੂੰ (ਫਿਰ ਭੀ) ਸਾਨੂੰ ਗੁਣ-ਹੀਨਾਂ ਨੂੰ ਅਨੇਕਾਂ ਦਾਤਾਂ ਦੇਣ ਵਾਲਾ ਹੈਂ । ਹੇ ਪ੍ਰਭੂ! ਸਾਡੇ ਨਿੱਤ ਦੇ ਕਰਮ ਤਾਂ ਇਹ ਹਨ ਕਿ ਅਸੀ ਤੈਨੂੰ ਭੁਲਾ ਕੇ ਤੇਰੀ ਟਹਿਲਣ (ਮਾਇਆ) ਦੀ ਸੰਗਤਿ ਵਿਚ ਟਿਕੇ ਰਹਿੰਦੇ ਹਾਂ । ੨ ।

ਹੇ ਪ੍ਰਭੂ ! ਅਸੀ (ਜੀਵ) ਨਾ-ਸ਼ੁਕਰੇ ਹਾਂ;ਤੂੰ(ਫਿਰ ਭੀ)ਮੇਹਰ ਕਰ ਕੇ ਸਾਨੂੰ ਹਰੇਕ ਚੀਜ਼ ਦੇਂਦਾ ਹੈਂ । ਹੇ ਖਸਮ-ਪ੍ਰਭੂ ! ਅਸੀ ਤੈਨੂੰ ਆਪਣੇ ਚਿੱਤ ਵਿਚ ਨਹੀਂ ਵਸਾਂਦੇ, ਸਦਾ

ਤੇਰੀਆਂ ਦਿੱਤੀਆਂ ਦਾਤਾਂ ਨੂੰ ਹੀ ਚੰਬੜੇ ਰਹਿੰਦੇ ਹਾਂ। ੩।

ਹੇ (ਜੀਵਾਂ ਦੇ) ਜਨਮ ਦੇ ਗੇੜ ਕੱਟਣ ਵਾਲੇ! (ਜਗਤ ਵਿਚ) ਕੋਈ ਭੀ ਚੀਜ਼ ਤੈਥੋਂ ਆਕੀ ਨਹੀਂ ਹੋ ਸਕਦੀ (ਸਾਨੂੰ ਭੀ ਸਹੀ ਜੀਵਨ-ਰਾਹ ਉਤੇ ਪਾਈ ਰੱਖ)। ਹੇ ਨਾਨਕ! ਆਖ—ਹੇ ਦਇਆ ਦੇ ਸੋਮੇ ਗੁਰੂ! ਅਸੀ ਤੇਰੀ ਸਰਨ ਆਏ ਹਾਂ, ਸਾਨੂੰ ਮੂਰਖਾਂ ਨੂੰ (ਔਗਣਾਂ ਭੁੱਲਾਂ ਤੋਂ) ਬਚਾਈ ਰੱਖ। ੪। ੪। ੩੪।

ਬਿਲਾਵਲੁ ਮਹਲਾ ੫ ॥ ਦੋਸੁ ਨ ਕਾਹੂ ਦੀਜੀਐ ਪ੍ਰਭੁ ਅਪਨਾ ਧਿਆਈਐ ॥ ਜਿਤੁ ਸੇਵਿਐ ਸੁਖੁ ਹੋਇ ਘਨਾ ਮਨ ਸੋਈ ਗਾਈਐ ॥ ੧ ॥ ਕਹੀਐ ਕਾਇ ਪਿਆਰੇ ਤੁਝੁ ਬਿਨਾ ॥ਤੁਮ੍ ਦਇਆਲ ਸੁਆਮੀ ਸਭ ਅਵਗਨ ਹਮਾ ॥੧॥ਰਹਾਉ॥ ਜਿਉ ਤੁਮ੍ ਰਾਖਹੁ ਤਿਉ ਰਹਾ ਅਵਰੁ ਨਹੀ ਚਾਰਾ ॥ ਨੀਧਰਿਆ ਧਰ ਤੇਰੀਆ ਇਕ ਨਾਮ ਅਧਾਰਾ ॥੨॥ ਜੋ ਤੁਮ ਕਰਹੁ ਸੋਈ ਭਲਾ ਮਨਿ ਲੇਤਾ ਮੁਕਤਾ ॥ ਸਗਲ ਸਮਗ੍ਰੀ ਤੇਰੀਆ ਸਭ ਤੇਰੀ ਜੁਗਤਾ॥ ੩॥ਚਰਨ ਪਖਾਰਉ ਕਰਿ ਸੇਵਾ ਜੇ ਠਾਕੁਰ ਭਾਵੈ।ਹੋਹੁ ਕ੍ਰਿਪਾਲ ਦਇਆਲ ਪ੍ਰਭ ਨਾਨਕੁ ਗੁਣ ਗਾਵੈ ॥੪॥੫॥੩੫॥ [ਪੰਨਾ ੮੦੯]

ਪਦ ਅਰਥ :—ਕਾਹੂ—ਕਿਸੇ ਨੂੰ ਭੀ। ਨ ਦੀਜੀਐ—ਨਹੀਂ ਦੇਣਾ ਚਾਹੀਦਾ ਹੈ। ਧਿਆਈਐ—ਸਿਮਰਨਾ ਚਾਹੀਦਾ ਹੈ। ਜਿਤੁ—ਜਿਸ ਦੀ ਰਾਹੀਂ। ਜਿਤੁ ਸੇਵਿਐ—ਜਿਸ ਦੀ ਸੇਵਾ-ਭਗਤੀ ਦੀ ਰਾਹੀਂ। ਘਨਾ—ਬਹੁਤ। ਮਨ—ਹੇ ਮਨ! ਸੋਈ—ਉਹੀ ਪ੍ਰਭੂ। ੧।

ਕਾਇ—ਕਿਸ ਨੂੰ? ਦਇਆਲ—ਦਇਆ ਦਾ ਘਰ। ਸੁਆਮੀ—ਮਾਲਕ। ਹਮਾ—ਸਾਡੇ ਵਿਚ ਹੀ। ੧। ਰਹਾਉ।

ਰਹਾ—ਰਹਾਂ, ਮੈਂ ਰਹਿੰਦਾ ਹਾਂ। ਚਾਰਾ—ਜੋਰ, ਹੀਲਾ। ਧਰ—ਓਟ। ਨੀਧਰਿਆ—ਨਿਓਟਿਆਂ ਨੂੰ। ਅਧਾਰਾ—ਆਸਰਾ। ੨।

ਮਨਿ ਲੇਤਾ—ਮੰਨਿ ਲੇਤਾ, ਮੰਨ ਲੈਂਦਾ ਹੈ। ਮੁਕਤਾ—(ਔਗਣਾਂ ਤੋਂ ਦੁੱਖਾਂ ਤੋਂ) ਬਚਿਆ ਹੋਇਆ। ਸਗਲ—ਸਾਰੀ। ਸਮਗ੍ਰੀ—ਸਾਰੇ ਪਦਾਰਥ। ਜੁਗਤਾ—ਜੁਗਤੀ, ਮਰਯਾਦਾ। ੩।

ਪਖਾਰਉ—ਪਖਾਰਉਂ, ਮੈਂ ਧੋਵਾਂ।ਕਰਿ—ਕਰ ਕੇ। ਭਾਵੈ—ਚੰਗਾ ਲੱਗੇ। ਗਾਵੈ—ਗਾਂਦਾ ਰਹੇ। ੪।

ਅਰਥ :—ਹੇ (ਮੇਰੇ) ਮਾਲਕ-ਪ੍ਰਭੂ! ਤੂੰ ਤਾਂ ਸਦਾ ਦਇਆ ਦਾ ਘਰ ਹੈਂ, ਸਾਰੇ ਔਗਣ ਅਸਾਂ ਜੀਵਾਂ ਦੇ ਹੀ ਹਨ (ਜਿਨ੍ਹਾਂ ਕਰ ਕੇ ਸਾਨੂੰ ਦੁੱਖ-ਕਲੇਸ਼ ਵਾਪਰਦੇ ਹਨ)। ਹੇ ਪਿਆਰੇ ਪ੍ਰਭੂ! (ਇਹਨਾਂ ਦੁੱਖਾਂ ਕਲੇਸ਼ਾਂ ਤੋਂ ਬਚਣ ਲਈ) ਤੈਥੋਂ ਬਿਨਾ ਹੋਰ ਕਿਸ ਦੇ

ਪਾਸ ਬੇਨਤੀ ਕੀਤੀ ਜਾਵੇ ? ੧ । ਰਹਾਉ ।

ਹੇ ਮੇਰੇ ਮਨ ! (ਆਪਣੀਆਂ ਕੀਤੀਆਂ ਭੁੱਲਾਂ ਦੇ ਕਾਰਨ ਮਿਲ ਰਹੇ ਦੁੱਖਾਂ ਬਾਰੇ) ਕਿਸੇ ਹੋਰ ਨੂੰ ਦੋਸ ਨਹੀਂ ਦੇਣਾ ਚਾਹੀਦਾ (ਇਹਨਾਂ ਦੁੱਖਾਂ ਤੋਂ ਬਚਣ ਲਈ) ਆਪਣੇ ਪਰਮਾਤਮਾ ਨੂੰ (ਹੀ) ਯਾਦ ਕਰਨਾ ਚਾਹੀਦਾ ਹੈ, ਕਿਉਂਕਿ ਉਸ ਪਰਮਾਤਮਾ ਦੀ ਸੇਵਾ-ਭਗਤੀ ਕੀਤਿਆਂ ਬਹੁਤ ਸੁਖ ਮਿਲਦਾ ਹੈ, ਉਸੇ ਦੀ ਹੀ ਸਿਫ਼ਤਿ ਸਾਲਾਹ ਦਾ ਗੀਤ ਗਾਣਾ ਚਾਹੀਦਾ ਹੈ । ੧ ।

ਹੇ ਪ੍ਰਭੂ ! ਤੂੰ ਜਿਵੇਂ ਮੈਨੂੰ ਰੱਖਦਾ ਹੈਂ, ਮੈਂ ਉਸੇ ਤਰ੍ਹਾਂ ਹੀ ਰਹਿ ਸਕਦਾ ਹਾਂ, (ਤੇਰੀ ਰਜ਼ਾ ਦੇ ਉਲਟ) ਮੇਰਾ ਕੋਈ ਜੋਰ ਨਹੀਂ ਚੱਲ ਸਕਦਾ । ਹੇ ਪ੍ਰਭੂ ! ਤੂੰ ਹੀ ਨਿਓਟਿਆਂ ਦੀ ਓਟ ਹੈਂ, ਮੈਨੂੰ ਸਿਰਫ਼ ਤੇਰੇ ਨਾਮ ਦਾ ਹੀ ਆਸਰਾ ਹੈ । ੨ ।

ਹੇ ਪ੍ਰਭੂ ! ਜੋ ਕੁਝ ਤੂੰ ਕਰਦਾ ਹੈਂ ਉਸ ਨੂੰ ਜੇਹੜਾ ਮਨੁੱਖ (ਆਪਣੇ) ਭਲੇ ਵਾਸਤੇ (ਹੁੰਦਾ) ਮੰਨ ਲੈਂਦਾ ਹੈ, ਉਹ (ਦੁੱਖਾਂ ਕਲੇਸ਼ ਦੀ ਮਾਰ ਤੋਂ) ਬਚ ਜਾਂਦਾ ਹੈ । ਹੇ ਪ੍ਰਭੂ ! ਜਗਤ ਦੇ ਸਾਰੇ ਪਦਾਰਥ ਤੇਰੇ ਬਣਾਏ ਹੋਏ ਹਨ, ਸਾਰੀ ਸਮਗ੍ਰੀ ਤੇਰੀ ਹੀ ਮਰਯਾਦਾ ਵਿਚ ਚੱਲ ਰਹੀ ਹੈ । ੩ ।

ਹੇ ਪ੍ਰਭੂ ! ਹੇ ਮਾਲਕ ! ਜੇ ਤੈਨੂੰ ਚੰਗਾ ਲੱਗੇ, ਤਾਂ ਮੈਂ ਤੇਰੀ ਸੇਵਾ-ਭਗਤੀ ਕਰ ਕੇ ਤੇਰੇ ਚਰਨ ਧੋਂਦਾ ਰਹਾਂ (ਭਾਵ, ਹਉਮੈ ਤਿਆਗ ਕੇ ਤੇਰੇ ਦਰ ਤੇ ਡਿੱਗਾ ਰਹਾਂ)। ਹੇ ਪ੍ਰਭੂ! ਦਇਆਵਾਨ ਹੋ, ਕਿਰਪਾ ਕਰ (ਤਾ ਕਿ ਤੇਰੀ ਦਇਆ ਤੇ ਕਿਰਪਾ ਨਾਲ ਤੇਰਾ ਦਾਸ) ਨਾਨਕ ਤੇਰੇ ਗੁਣ ਗਾਂਦਾ ਰਹੇ । ੪ । ੫ । ੩੫ ।

ਬਿਲਾਵਲੁ ਮਹਲਾ ੫ ॥ ਮਿਰਤੁ ਹਸੈ ਸਿਰ ਊਪਰੇ ਪਸੂਆ ਨਹੀ ਬੂਝੈ ॥ ਬਾਦ ਸਾਦ ਅਹੰਕਾਰ ਮਹਿ ਮਰਣਾ ਨਹੀ ਸੂਝੈ ॥ ੧ ॥ ਸਤਿਗੁਰੁ ਸੇਵਹੁ ਆਪਨਾ ਕਾਹੇ ਫਿਰਹੁ ਅਭਾਗੇ ॥ ਦੇਖਿ ਕਸੁੰਭਾ ਰੰਗੁਲਾ ਕਾਹੇ ਭੂਲਿ ਲਾਗੇ ॥ ੧ ॥ ਰਹਾਉ ॥ ਕਰਿ ਕਰਿ ਪਾਪ ਦਰਬੁ ਕੀਆ ਵਰਤਣ ਕੈ ਤਾਈ ॥ ਮਾਟੀ ਸਿਉ ਮਾਟੀ ਰਲੀ ਨਾਗਾ ਉਠਿ ਜਾਈ ॥ ੨ ॥ ਜਾ ਕੈ ਕੀਐ ਸ੍ਰਮੁ ਕਰੈ ਤੇ ਬੈਰ ਬਿਰੋਧੀ ॥ ਅੰਤ ਕਾਲਿ ਭਜਿ ਜਾਹਿਗੇ ਕਾਹੇ ਜਲਹੁ ਕਰੋਧੀ ॥ ੩ ॥ ਦਾਸ ਰੇਣੁ ਸੋਈ ਹੋਆ ਜਿਸੁ ਮਸਤਕਿ ਕਰਮਾ ॥ ਕਹੁ ਨਾਨਕ ਬੰਧਨ ਛੁਟੇ ਸਤਿਗੁਰ ਕੀ ਸਰਨਾ ॥੪॥੬॥੩੬॥ [੮੦੯]

ਪਦ ਅਰਥ :–ਮਿਰਤੁ–[ਸ੍ਰਤ੍ਯੁ] ਮੌਤ । ਬਾਦ–ਝਗੜੇ । ਸਾਦ–(ਪਦਾਰਥਾਂ ਦੇ) ਸੁਆਦ । ਮਹਿ–ਵਿਚ । ੧ ।

ਅਭਾਗੇ–ਹੇ ਮੰਦ-ਭਾਗੀ ! ਹੇ ਬਦ-ਕਿਸਮਤ ! ਦੇਖਿ–ਵੇਖ ਕੇ । ਰੰਗੁਲਾ–ਸੋਹਣੇ

ਰੰਗ ਵਾਲਾ । ੧ । ਰਹਾਉ

ਦਰਬੁ–[ਦ੍ਰਵ੍ਯ] ਧਨ । ਕੀਆ–ਇਕੱਠਾ ਕੀਤਾ । ਕੈ ਤਾਈ–ਦੀ ਖ਼ਾਤਰ ।ਸਿਉ–ਨਾਲ । ਨਾਗਾ–ਨਾਂਗਾ, ਨੰਗਾ, ਖ਼ਾਲੀ-ਹੱਥ । ੨ ।

ਜਾ ਕੈ ਕੀਐ–ਜਿਨ੍ਹਾਂ (ਸੰਬੰਧੀਆਂ) ਦੀ ਖ਼ਾਤਰ । ਸ੍ਰਮੁ–ਮੇਹਨਤ । ਤੇ–ਉਹ [ਬਹੁ ਵਚਨ] । ਅੰਤ ਕਾਲਿ–ਆਖ਼ਰੀ ਸਮੇ । ਭਜਿ ਜਾਹਿਗੇ–ਸਾਥ ਛੱਡ ਜਾਣਗੇ । ਕਰੋਧੀ–ਕ੍ਰੋਧ (ਦੀ ਅੱਗ) ਵਿਚ । ੩ ।

ਰੇਣ–ਚਰਨਾਂ ਦੀ ਧੂੜ । ਸੋਈ–ਉਹੀ ਮਨੁੱਖ । ਮਸਤਕਿ–ਮੱਥੇ ਉਤੇ । ਕਰਮਾ–ਭਾਗ । ੪ !

ਅਰਥ :–ਹੇ ਬਦ-ਕਿਸਮਤ ! ਕਿਉਂ ਭਟਕਦਾ ਫਿਰਦਾ ਹੈਂ ? ਆਪਣੇ ਗੁਰੂ ਦੀ ਸਰਨ ਪਿਆ ਰਹੁ ।ਸੋਹਣੇ ਰੰਗ ਵਾਲਾ ਕਸੁੰਭਾ (ਮਨ-ਮੋਹਨੀ ਮਾਇਆ) ਵੇਖ ਕੇ ਕਿਉਂ ਕੁਰਾਹੇ ਪੈ ਰਿਹਾ ਹੈਂ ? ੧ । ਰਹਾਉ ।

ਹੇ ਭਾਈ ! ਮੌਤ (ਹਰੇਕ ਮਨੁੱਖ ਦੇ) ਸਿਰ ਉਤੇ (ਖਲੋਤੀ) ਹੱਸ ਰਹੀ ਹੈ (ਕਿ ਮੂਰਖ ਮਨੁੱਖ ਮਾਇਆ ਦੇ ਮੋਹ ਵਿਚ ਫਸ ਕੇ ਆਪਣੀ ਮੌਤ ਦਾ ਚੇਤਾ ਹੀ ਨਹੀਂ ਕਰਦਾ, ਪਰ) ਪਸ਼ੂ (-ਸੁਭਾਉ ਵਾਲਾ ਮਨੁੱਖ ਇਹ ਗੱਲ) ਸਮਝਦਾ ਹੀ ਨਹੀਂ । ਝਗੜਿਆਂ ਵਿਚ (ਪਦਾਰਥਾਂ ਦੇ) ਸੁਆਦਾਂ ਵਿਚ, ਅਹੰਕਾਰ ਵਿਚ (ਫਸ ਕੇ) ਮਨੁੱਖ ਨੂੰ ਮੌਤ ਸੁੱਝਦੀ ਹੀ ਨਹੀਂ । ੧ ।

ਹੇ ਭਾਈ ! (ਸਾਰੀ ਉਮਰ) ਪਾਪ ਕਰ ਕਰ ਕੇ ਹੀ ਮਨੁੱਖ ਆਪਣੇ ਵਰਤਣ ਲਈ ਧਨ ਇਕੱਠਾ ਕਰਦਾ ਰਿਹਾ, (ਪਰ ਮੌਤ ਆਉਣ ਤੇ ਇਸ ਦੇ ਸਰੀਰ ਦੀ) ਮਿੱਟੀ ਧਰਤੀ ਨਾਲ ਰਲ ਗਈ, ਤੇ, ਜੀਵ ਖਾਲੀ-ਹੱਥ ਹੀ ਉੱਠ ਕੇ ਤੁਰ ਪਿਆ । ੨ ।

ਜਿਨ੍ਹਾਂ ਸੰਬੰਧੀਆਂ ਦੀ ਖ਼ਾਤਰ ਮਨੁੱਖ (ਧਨ ਇਕੱਠਾ ਕਰਨ ਦੀ) ਮੇਹਨਤ ਕਰਦਾ ਹੈ ਉਹ (ਤੋੜ ਤਕ ਇਸ ਨਾਲ ਸਾਥ ਨਹੀਂ ਨਿਬਾਹ ਸਕਦੇ, ਇਸ ਵਾਸਤੇ ਇਸ ਨਾਲ) ਵੈਰ ਕਰਨ ਵਾਲੇ ਵਿਰੋਧ ਕਰਨ ਵਾਲੇ ਹੀ ਬਣਦੇ ਹਨ । ਹੇ ਭਾਈ ! ਤੂੰ (ਇਹਨਾਂ ਦੀ ਖ਼ਾਤਰ ਹੋਰਨਾਂ ਨਾਲ ਵੈਰ ਸਹੇੜ ਸਹੇੜ ਕੇ) ਕਿਉਂ ਕ੍ਰੋਧ ਵਿਚ ਸੜਦਾ ਹੈਂ ? ਇਹ ਤਾਂ ਆਖ਼ਰ ਵੇਲੇ ਤੇਰਾ ਸਾਥ ਛੱਡ ਜਾਣਗੇ । ੩ ।

ਹੇ ਨਾਨਕ ! ਆਖ–ਜਿਸ ਮਨੁੱਖ ਦੇ ਮੱਥੇ ਉਤੇ ਭਾਗ ਜਾਗਦੇ ਹਨ, ਉਹੀ ਮਨੁੱਖ ਪ੍ਰਭੂ ਦੇ ਭਗਤਾਂ ਦੀ ਚਰਨ-ਧੂੜ ਬਣਦਾ ਹੈ । ਗੁਰੂ ਦੀ ਸਰਨ ਪਿਆਂ (ਮਾਇਆ ਦੇ ਮੋਹ ਦੇ) ਬੰਧਨ ਟੁੱਟ ਜਾਂਦੇ ਹਨ । ੪ । ੬ । ੩੬ ।

ਬਿਲਾਵਲੁ ਮਹਲਾ ੫ ॥ ਪਿੰਗੁਲ ਪਰਬਤ ਪਾਰਿ ਪਰੇ ਖਲ ਚਤੁਰ ਬਕੀਤਾ ॥ ਅੰਧੁਲੇ ਤ੍ਰਿਭਵਣ ਸੂਝਿਆ ਗੁਰ ਭੇਟਿ ਪੁਨੀਤਾ ॥੧॥ ਮਹਿਮਾ

ਸਾਧੂ ਸੰਗ ਕੀ ਸੁਨਹੁ ਮੇਰੇ ਮੀਤਾ ॥ਮੈਲੁ ਖੋਈ ਕੋਟਿ ਅਘ ਹਰੇ ਨਿਰਮਲ ਭਏ ਚੀਤਾ ॥੧॥ ਰਹਾਉ ॥ ਐਸੀ ਭਗਤਿ ਗੋਵਿੰਦ ਕੀ ਕੀਟਿ ਹਸਤੀ ਜੀਤਾ ॥ ਜੋ ਜੋ ਕੀਨੋ ਆਪਨੋ ਤਿਸੁ ਅਭੈ ਦਾਨੁ ਦੀਤਾ ॥ ੨ ॥ ਸਿੰਘੁ ਬਿਲਾਈ ਹੋਇ ਗਇਓ ਤ੍ਰਿਣੁ ਮੇਰੁ ਦਿਖੀਤਾ ॥ ਸ੍ਰਮੁ ਕਰਤੇ ਦਮ ਆਢ ਕਉ ਤੇ ਗਨੀ ਧਨੀਤਾ ॥ ੩ ॥ ਕਵਨ ਵਡਾਈ ਕਹਿ ਸਕਉ ਬੇਅੰਤ ਗੁਨੀਤਾ ॥ ਕਰਿ ਕਿਰਪਾ ਮੋਹਿ ਨਾਮੁ ਦੇਹੁ ਨਾਨਕ ਦਰ ਸਰੀਤਾ ॥ ੪ ॥ ੭ ॥ ੩੭ ॥ [ਪੰਨਾ ੮੦੯]

ਪਦ ਅਰਥ:–ਪਿੰਗੁਲ–ਲੂਲ੍ਹੇ । ਪਰੇ–ਲੰਘ ਗਏ । ਖਲ–ਮੂਰਖ ਬੰਦੇ । ਚਤੁਰ–ਸਿਆਣੇ । ਬਕੀਤਾ–ਵਕਤਾ, ਬੋਲਣ ਵਾਲੇ, ਚੰਗਾ ਵਖਿਆਨ ਕਰ ਸਕਣ ਵਾਲੇ । ਅੰਧੁਲੇ–ਅੰਨ੍ਹੇ ਮਨੁੱਖ ਨੂੰ । ਤ੍ਰਿਭਵਣ–ਤਿੰਨੇ ਭਵਨ, ਸਾਰੀ ਦੁਨੀਆ । ਗੁਰ ਭੇਟਿ–ਗੁਰੂ ਨੂੰ ਮਿਲ ਕੇ । ਪੁਨੀਤਾ–ਪਵਿੱਤਰ ਜੀਵਨ ਵਾਲੇ । ੧ ।

ਮਹਿਮਾ–ਵਡਿਆਈ । ਸਾਧੂ ਸੰਗ ਕੀ–ਗੁਰੂ ਦੀ ਸੰਗਤਿ ਦੀ । ਮੀਤਾ–ਹੇ ਮਿੱਤਰ ! ਕੋਟਿ–ਕ੍ਰੋੜਾਂ । ਅਘ–ਪਾਪ । ਨਿਰਮਲ–ਪਵਿੱਤਰ । ੧ । ਰਹਾਉ ।

ਕੀਟਿ–ਕੀਟ ਨੇ, ਕੀੜੇ ਨੇ, ਨਿਮ੍ਰਤਾ-ਸੁਭਾਵ ਨੇ । ਹਸਤੀ–ਹਾਥੀ, ਅਹੰਕਾਰ । ਕੀਨੋ–ਬਣਾ ਲਿਆ । ਤਿਸੁ–ਉਸ (ਮਨੁੱਖ) ਨੂੰ । ਅਭੈ–ਨਿਰਭੈਤਾ । ੨ ।

ਸਿੰਘੁ–ਸ਼ੇਰ, ਅਹੰਕਾਰ । ਬਿਲਾਈ–ਬਿੱਲੀ, ਨਿਮ੍ਰਤਾ ਸੁਭਾਉ । ਤ੍ਰਿਣੁ–ਤੀਲਾ, ਗਰੀਬੀ-ਸੁਭਾਉ । ਮੇਰੁ–ਮੇਰੂ ਪਹਾੜ, ਬੜੀ ਤਾਕਤ । ਸ੍ਰਮੁ–ਮੇਹਨਤ । ਦਮ ਆਢ ਕਉ–ਅੱਧੇ ਦਾਮ ਵਾਸਤੇ, ਅੱਧੀ ਕੌਡੀ ਲਈ । ਗਨੀ–ਗ਼ਨੀ, ਦੌਲਤ-ਮੰਦ । ਧਨੀਤਾ–ਧਨੀ, ਧਨਾਢ । ੩ ।

ਕਹਿ ਸਕਉ–ਕਹਿ ਸਕਉਂ, ਮੈਂ ਦੱਸ ਸਕਾਂ । ਗੁਨੀਤਾ–ਗੁਣਾਂ ਦਾ ਮਾਲਕ । ਦਰ ਸਰੀਤਾ–ਦਰ ਦਾ ਗ਼ੁਲਾਮ । ੪ ।

ਅਰਥ :–ਹੇ ਮੇਰੇ ਮਿੱਤਰ ! ਗੁਰੂ ਦੀ ਸੰਗਤਿ ਦੀ ਵਡਿਆਈ (ਧਿਆਨ ਨਾਲ਼) ਸੁਣ । (ਜੇਹੜਾ ਭੀ ਮਨੁੱਖ ਨਿੱਤ ਗੁਰੂ ਦੀ ਸੰਗਤਿ ਵਿਚ ਬੈਠਦਾ ਹੈ, ਉਸ ਦਾ) ਮਨ ਪਵਿੱਤਰ ਹੋ ਜਾਂਦਾ ਹੈ, (ਉਸ ਦੇ ਅੰਦਰੋਂ ਵਿਕਾਰਾਂ ਦੀ) ਮੈਲ ਦੂਰ ਹੋ ਜਾਂਦੀ ਹੈ, ਉਸ ਦੇ ਕ੍ਰੋੜਾਂ ਪਾਪ ਨਾਸ ਹੋ ਜਾਂਦੇ ਹਨ । ੧ । ਰਹਾਉ ।

ਹੇ ਮਿੱਤਰ ! ਗੁਰੂ ਨੂੰ ਮਿਲ ਕੇ (ਮਨੁੱਖ) ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ, (ਮਾਨੋ,) ਲੂਲ੍ਹੇ ਮਨੁੱਖ ਪਹਾੜਾਂ ਤੋਂ ਪਾਰ ਲੰਘ ਜਾਂਦੇ ਹਨ, ਮਹਾ ਮੂਰਖ ਮਨੁੱਖ

ਸਿਆਣੇ ਵਖਿਆਨ-ਕਰਤਾ ਬਣ ਜਾਂਦੇ ਹਨ, ਅੰਨ੍ਹੇ ਨੂੰ ਤਿੰਨਾਂ ਭਵਨਾਂ ਦੀ ਸੋਝੀ ਪੈ ਜਾਂਦੀ ਹੈ। ੧।

(ਹੇ ਮਿੱਤਰ! ਸਾਧ ਸੰਗਤਿ ਵਿਚ ਆ ਕੇ ਕੀਤੀ ਹੋਈ) ਪਰਮਾਤਮਾ ਦੀ ਭਗਤੀ ਅਚਰਜ (ਤਾਕਤ ਰੱਖਦੀ ਹੈ, ਇਸ ਦੀ ਬਰਕਤ ਨਾਲ) ਕੀੜੀ (ਨਿਮ੍ਰਤਾ) ਨੇ ਹਾਥੀ (ਅਹੰਕਾਰ) ਨੂੰ ਜਿੱਤ ਲਿਆ ਹੈ। (ਭਗਤੀ ਉਤੇ ਪ੍ਰਸੰਨ ਹੋ ਕੇ) ਜਿਸ ਜਿਸ ਮਨੁੱਖ ਨੂੰ (ਪਰਮਾਤਮਾ ਨੇ) ਆਪਣਾ ਬਣਾ ਲਿਆ, ਉਸ ਨੂੰ ਪਰਮਾਤਮਾ ਨੇ ਨਿਰਭੈਤਾ ਦੀ ਦਾਤਿ ਦੇ ਦਿੱਤੀ। ੨।

(ਹੇ ਮਿੱਤਰ! ਗੁਰੂ ਦੀ ਸੰਗਤਿ ਦੀ ਬਰਕਤ ਨਾਲ) ਸ਼ੇਰ (ਅਹੰਕਾਰ) ਬਿੱਲੀ (ਨਿਮ੍ਰਤਾ) ਬਣ ਜਾਂਦਾ ਹੈ, ਤੀਲਾ (ਗ਼ਰੀਬੀ ਸੁਭਾਉ) ਸੁਮੇਰ ਪਰਬਤ (ਬੜੀ ਵੱਡੀ ਤਾਕਤ) ਦਿੱਸਣ ਲੱਗ ਪੈਂਦਾ ਹੈ। (ਜੇਹੜੇ ਮਨੁੱਖ ਪਹਿਲਾਂ) ਅੱਧੀ ਅੱਧੀ ਕੌਡੀ ਵਾਸਤੇ ਧੱਕੇ ਖਾਂਦੇ ਫਿਰਦੇ ਸਨ, ਉਹ ਦੌਲਤ-ਮੰਦ ਧਨਾਢ ਬਣ ਜਾਂਦੇ ਹਨ (ਮਾਇਆ ਵਲੋਂ ਬੇ-ਮੁਥਾਜ ਹੋ ਜਾਂਦੇ ਹਨ)। ੩।

(ਹੇ ਮਿੱਤਰ! ਸਾਧ ਸੰਗਤਿ ਵਿਚੋਂ ਮਿਲਦੇ ਹਰਿ-ਨਾਮ ਦੀ) ਮੈਂ ਕੇਹੜੀ ਕੇਹੜੀ ਵਡਿਆਈ ਦੱਸਾਂ? ਪਰਮਾਤਮਾ ਦਾ ਨਾਮ ਬੇਅੰਤ ਗੁਣਾਂ ਦਾ ਮਾਲਕ ਹੈ। ਹੇ ਨਾਨਕ! ਅਰਦਾਸ ਕਰ, ਤੇ, ਆਖ—ਹੇ ਪ੍ਰਭੂ!) ਮੈਂ ਤੇਰੇ ਦਰ ਦਾ ਗ਼ੁਲਾਮ ਹਾਂ, ਮੇਹਰ ਕਰ ਤੇ, ਮੈਨੂੰ ਆਪਣਾ ਨਾਮ ਬਖ਼ਸ਼।੪।੭।੩੭।

ਬਿਲਾਵਲੁ ਮਹਲਾ ੫ ॥ ਅਹੰਬੁਧਿ ਪਰਬਾਦ ਨੀਤ ਲੋਭ ਰਸਨਾ ਸਾਦਿ ॥ ਲਪਟਿ ਕਪਟਿ ਗ੍ਰਿਹਿ ਬੇਧਿਆ ਮਿਥਿਆ ਬਿਖਿਆਦਿ ॥ ੧॥ ਐਸੀ ਪੇਖੀ ਨੇਤ੍ਰ ਮਹਿ ਪੂਰੇ ਗੁਰ ਪਰਸਾਦਿ ॥ ਰਾਜ ਮਿਲਖ ਧਨ ਜੋਬਨਾ ਨਾਮੈ ਬਿਨੁ ਬਾਦਿ ॥੧॥ ਰਹਾਉ॥ਰੂਪ ਧੂਪ ਸੋਗੰਧਤਾ ਕਾਪਰ ਭੋਗਾਦਿ॥ ਮਿਲਤ ਸੰਗਿ ਪਾਪਿਸਟ ਤਨ ਹੋਏ ਦੁਰਗਾਦਿ ॥ ੨ ॥ ਫਿਰਤ ਫਿਰਤ ਮਾਨੁਖੁ ਭਇਆ ਖਿਨ ਭੰਗਨ ਦੇਹਾਦਿ ॥ ਇਹ ਅਉਸਰ ਤੇ ਚੂਕਿਆ ਬਹੁ ਜੋਨਿ ਭ੍ਰਮਾਦਿ ॥ ੩ ॥ ਪ੍ਰਭ ਕਿਰਪਾ ਤੇ ਗੁਰਿ ਮਿਲੇ ਹਰਿ ਹਰਿ ਬਿਸਮਾਦ ॥ ਸੂਖ ਸਹਜ ਨਾਨਕ ਅਨੰਦ ਤਾ ਕੈ ਪੂਰਨ ਨਾਦ ॥ ੪ ॥ ੮ ॥ ੩੮ ॥ [ਪੰਨਾ ੮੧੦]

ਪਦ ਅਰਥ :-ਅਹੰਬੁਧਿ—[अहंबुद्धि] ਮੈਂ ਮੈਂ ਕਰਨ ਵਾਲੀ ਅਕਲ। ਪਰਬਾਦ—[प्रवाद, प्रवाद] ਦੂਜਿਆਂ ਨੂੰ ਵੰਗਾਰਨ ਵਾਸਤੇ ਜੋਸ਼-ਭਰੇ ਖਰ੍ਹਵੇ ਬੋਲ। ਨੀਤ—ਨਿੱਤ, ਸਦਾ। ਸਾਦਿ—ਸੁਆਦ ਵਿਚ। ਰਸਨਾ—ਜੀਭ। ਲਪਟਿ—ਲਪਟ ਕੇ, ਫਸ

ਕੇ । ਕਪਟਿ–ਕਪਟ ਵਿਚ, ਠੱਗੀ-ਫਰੇਬ ਵਿਚ । ਗ੍ਰਿਹਿ–ਘਰ (ਦੇ ਮੋਹ) ਵਿਚ । ਮਿਥਿਆ–ਨਾਸਵੰਤ । ਬਿਖਿਆਦਿ–ਬਿਖਿਆ ਆਦਿ, ਮਾਇਆ ਆਦਿਕ । ੧ ।

ਪੇਖੀ–ਵੇਖੀ ਹੈ ।ਮਹਿ–ਵਿਚ। ਗੁਰ ਪਰਸਾਦਿ–ਗੁਰੂ ਦੀ ਕਿਰਪਾ ਨਾਲ । ਬਾਦਿ–ਵਿਅਰਥ । ੧ । ਰਹਾਉ ।

ਧੂਪ–ਧੁਖਾਣ ਵਾਲੀਆਂ ਸੁਗੰਧੀ ਵਾਲੀਆਂ ਚੀਜ਼ਾਂ । ਸੋਗੰਧਤਾ–ਖ਼ੁਸ਼ਬੂ । ਕਾਪਰ–ਕੱਪੜੇ । ਭੋਗਾਦਿ–ਭੋਗ ਆਦਿ, ਖਾਣ ਵਾਲੇ ਚੰਗੇ ਪਦਾਰਥ । ਸੰਗਿ–ਨਾਲ। ਪਾਪਿਸਟ–ਮਹਾਂ ਪਾਪੀ । ਤਨ–ਸਰੀਰ । ਦੁਰਗਾਦਿ–ਦੁਰਗੰਧੀ । ੨ ।

ਫਿਰਤ ਫਿਰਤ–(ਕਈ ਜੂਨਾਂ ਵਿਚ) ਭਟਕਦਾ ਭਟਕਦਾ । ਖਿਨ ਭੰਗਨ–ਇਕ ਖਿਨ ਵਿਚ ਨਾਸ ਹੋ ਜਾਣ ਵਾਲਾ । ਦੇਹਾਦਿ–ਦੇਹ, ਸਰੀਰ । ਅਉਸਰ–ਮੌਕਾ, ਵੇਲਾ । ਤੇ–ਤੋਂ । ਚੁਕਿਆ–ਖੁੰਝਿਆ । ਭ੍ਰਮਾਦਿ–ਭਟਕਦਾ ਹੈ । ੩ ।

ਕਿਰਪਾ ਤੇ–ਕਿਰਪਾ ਤੋਂ, ਕਿਰਪਾ ਨਾਲ । ਬਿਸਮਾਦ–ਅਸਚਰਜ-ਰੂਪ । ਤਾ ਕੈ–ਉਸ (ਮਨੁੱਖ) ਦੇ ਹਿਰਦੇ ਵਿਚ । ਨਾਦ–ਧੁਨੀ, ਸ਼ਬਦ, ਵਾਜੇ । ਸਹਜ–ਆਤਮਕ ਅਡੋਲਤਾ । ੪ ।

ਅਰਥ :–ਹੇ ਭਾਈ ! ਗੁਰੂ ਦੀ ਕਿਰਪਾ ਨਾਲ ਮੈਂ ਆਪਣੀ ਅੱਖੀਂ ਹੀ (ਜਗਤ ਦੇ ਪਦਾਰਥਾਂ ਦੀ)ਇਹੋ ਜਿਹੀ ਹਾਲਤ ਵੇਖ ਲਈ ਹੈ(ਕਿ ਦੁਨੀਆਂ ਦੀਆਂ) ਪਾਤਿਸ਼ਾਹੀਆਂ, ਜ਼ਮੀਨਾਂ (ਦੀ ਮਾਲਕੀ), ਧਨ ਅਤੇ ਜੁਆਨੀ (ਆਦਿਕ ਸਾਰੇ ਹੀ) ਪਰਮਾਤਮਾ ਦੇ ਨਾਮ ਤੋਂ ਬਿਨਾ ਵਿਅਰਥ ਹਨ । ੧ । ਰਹਾਉ ।

(ਪ੍ਰਭੂ ਦੇ ਨਾਮ ਤੋਂ ਖੁੰਝ ਕੇ ਮਨੁੱਖ) ਅਹੰਕਾਰ ਦੀ ਅਕਲ ਦੇ ਆਸਰੇ ਦੂਜਿਆਂ ਨੂੰ ਵੰਗਾਰਨ ਦੇ ਖਰ੍ਹਵੇ ਬੋਲ ਬੋਲਦਾ ਹੈ,ਸਦਾ ਲਾਲਚ ਅਤੇ ਜੀਭ ਦੇ ਸੁਆਦ ਵਿਚ (ਫਸਿਆ ਰਹਿੰਦਾ ਹੈ); ਘਰ (ਦੇ ਮੋਹ) ਵਿਚ, ਠੱਗੀ-ਫਰੇਬ ਵਿਚ ਫਸ ਕੇ, ਨਾਸਵੰਤ ਮਾਇਆ (ਦੇ ਮੋਹ) ਵਿਚ ਵਿੱਝਾ ਰਹਿੰਦਾ ਹੈ । ੧ ।

(ਪ੍ਰਭੂ ਦੇ ਨਾਮ ਤੋਂ ਖੁੰਝ ਕੇ) ਮਹਾ ਵਿਕਾਰੀ ਮਨੁੱਖ (ਸਰੀਰ ਦਾ ਮਾਣ ਕਰਦਾ ਹੈ, ਪਰ ਇਸ) ਸਰੀਰ ਦੇ ਨਾਲ ਛੁਹ ਕੇ ਸੋਹਣੇ ਸੋਹਣੇ ਪਦਾਰਥ, ਧੂਪ ਆਦਿਕ ਸੁਗੰਧੀਆਂ, ਕੱਪੜੇ, ਚੰਗੇ ਚੰਗੇ ਖਾਣੇ (ਇਹ ਸਾਰੇ ਹੀ) ਦੁਰਗੰਧੀ ਦੇਣ ਵਾਲੇ ਬਣ ਜਾਂਦੇ ਹਨ । ੨ ।

ਹੇ ਭਾਈ ! ਅਨੇਕਾਂ ਜੂਨਾਂ ਵਿਚ ਭਟਕਦਾ ਭਟਕਦਾ ਜੀਵ ਮਨੁੱਖ ਬਣਦਾ ਹੈ, ਇਹ ਸਰੀਰ ਭੀ ਇਕ ਖਿਨ ਵਿਚ ਨਾਸ ਹੋ ਜਾਣ ਵਾਲਾ ਹੈ (ਇਸ ਦਾ ਮਾਣ ਭੀ ਕਾਹਦਾ ? ਇਸ ਸਰੀਰ ਵਿਚ ਭੀ ਪਰਮਾਤਮਾ ਦੇ ਨਾਮ ਤੋਂ ਖੁੰਝਿਆ ਰਹਿੰਦਾ ਹੈ) । ਇਸ ਮੌਕੇ ਤੋਂ ਖੁੰਝਿਆ ਹੋਇਆ ਜੀਵ (ਫਿਰ) ਅਨੇਕਾਂ ਜੂਨਾਂ ਵਿਚ ਜਾ ਭਟਕਦਾ ਹੈ ।੩।

ਹੇ ਨਾਨਕ ! ਪਰਮਾਤਮਾ ਦੀ ਕਿਰਪਾ ਨਾਲ ਜੇਹੜੇ ਮਨੁੱਖ ਗੁਰੂ ਨੂੰ ਮਿਲ ਪਏ, ਉਹਨਾਂ ਨੇ ਅਚਰਜ-ਰੂਪ ਹਰੀ ਦਾ ਨਾਮ ਜਪਿਆ, ਉਹਨਾਂ ਦੇ ਹਿਰਦੇ ਵਿਚ ਆਤਮਕ ਅਡੋਲਤਾ ਦੇ ਸੁਖ ਆਨੰਦ ਦੇ ਵਾਜੇ ਸਦਾ ਵੱਜਣ ਲੱਗ ਪਏ। ੪। ੮। ੩੮।

ਬਿਲਾਵਲੁ ਮਹਲਾ ੫ ॥ ਚਰਨ ਭਏ ਸੰਤ ਬੋਹਿਥਾ ਤਰੇ ਸਾਗਰੁ ਜੇਤ ॥ ਮਾਰਗ ਪਾਏ ਉਦਿਆਨ ਮਹਿ ਗੁਰਿ ਦਸੇ ਭੇਤ ॥ ੧ ॥ ਹਰਿ ਹਰਿ, ਹਰਿ ਹਰਿ, ਹਰਿ ਹਰੇ, ਹਰਿ ਹਰਿ, ਹਰਿ ਹੇਤ ॥ ਊਠਤ ਬੈਠਤ ਸੋਵਤੇ ਹਰਿ ਹਰਿ ਹਰਿ ਚੇਤ ॥ ੧ ॥ ਰਹਾਉ ॥ ਪੰਚ ਚੋਰ ਆਗੈ ਭਗੇ ਜਬ ਸਾਧ ਸੰਗੇਤ ॥ ਪੂੰਜੀ ਸਾਬਤੁ ਘਣੋ ਲਾਭੁ ਗ੍ਰਿਹਿ ਸੋਭਾ ਸੇਤ ॥ ੨ ॥ ਨਿਹਚਲ ਆਸਣੁ ਮਿਟੀ ਚਿੰਤ ਨਾਹੀ ਡੋਲੇਤ ॥ ਭਰਮੁ ਭੁਲਾਵਾ ਮਿਟਿ ਗਇਆ ਪ੍ਰਭ ਪੇਖਤ ਨੇਤ ॥ ੩ ॥ ਗੁਣ ਗਭੀਰ ਗੁਨ ਨਾਇਕਾ ਗੁਣ ਕਹੀਅਹਿ ਕੇਤ ॥ ਨਾਨਕ ਪਾਇਆ ਸਾਧ ਸੰਗਿ ਹਰਿ ਹਰਿ ਅੰਮ੍ਰੇਤ ॥ ੪ ॥ ੯ ॥ ੩੯ ॥ [ਪੰਨਾ ੮੧੦]

ਪਦ ਅਰਥ :—ਬੋਹਿਥਾ—ਜਹਾਜ਼। ਸਾਗਰੁ—(ਸੰਸਾਰ-) ਸਮੁੰਦਰ। ਜੇਤ—ਜਿਤੁ, ਜਿਸ (ਜਹਾਜ਼) ਦੀ ਰਾਹੀਂ। ਮਾਰਗ—ਰਸਤਾ। ਉਦਿਆਨ—ਜੰਗਲ, (ਵਿਕਾਰਾਂ ਵਲ ਲੈ ਜਾਣ ਵਾਲਾ) ਔਝੜ। ਗੁਰਿ—ਗੁਰੂ ਨੇ। ੧।

ਹੇਤ—ਹਿਤੁ, ਪਿਆਰ। ਚੇਤ—ਚੇਤੇ ਕਰ, ਸਿਮਰ। ੧। ਰਹਾਉ।

ਪੰਚ—(ਕਾਮਾਦਿਕ) ਪੰਜ। ਆਗੈ—ਟਾਕਰੇ ਤੇ। ਭਗੇ—ਦੌੜ ਜਾਂਦੇ ਹਨ। ਸੰਗੇਤ—ਸੰਗਤਿ। ਪੂੰਜੀ (ਆਤਮਕ ਜੀਵਨ ਵਾਲੀ) ਰਾਸ, ਸਰਮਾਇਆ। ਘਣੋ—ਬਹੁਤ। ਗ੍ਰਿਹਿ—ਘਰ ਵਿਚ, ਪ੍ਰਭੂ ਦੀ ਹਜ਼ੂਰੀ ਵਿਚ। ਸੇਤ—ਸੇਤੀ, ਨਾਲ। ੨।

ਨਿਹਚਲ—ਅਡੋਲ। ਡੋਲੇਤ—(ਵਿਕਾਰਾਂ ਵਿਚ) ਡੋਲਦਾ। ਭਰਮੁ—ਭਟਕਣਾ। ਨੇਤ—ਨੇਤ੍ਰੀ, ਅੱਖਾਂ ਨਾਲ। ੩।

ਗਭੀਰ—ਡੂੰਘਾ (ਸਮੁੰਦਰ)। ਗੁਨ ਨਾਇਕਾ—ਗੁਣਾਂ ਦਾ ਮਾਲਕ, ਗੁਣਾਂ ਦਾ ਖ਼ਜ਼ਾਨਾ। ਕਹੀਅਹਿ—ਕਹੇ ਜਾਂਦੇ ਹਨ। ਕਹੀਅਹਿ ਕੇਤ—ਕਿਤਨੇ ਕੁ (ਗੁਣ) ਕਹੇ ਜਾ ਸਕਣ ? ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਅੰਮ੍ਰੇਤ—ਅੰਮ੍ਰਿਤ, ਆਤਮਕ ਜ਼ੀਵਨ ਦੇਣ ਵਾਲਾ ਹਰਿ-ਨਾਮ ਜਲ। ੪।

ਅਰਥ :—ਹੇ ਭਾਈ ! ਉਠਦਿਆਂ ਬੈਠਦਿਆਂ ਸੁੱਤਿਆਂ (ਹਰ ਵੇਲੇ) ਪਰਮਾਤਮਾ ਦਾ ਨਾਮ ਯਾਦ ਕਰਿਆ ਕਰ। ਸਦਾ ਹੀ ਹਰ ਵੇਲੇ ਪਰਮਾਤਮਾ ਦੇ ਨਾਮ ਵਿਚ ਪਿਆਰ ਪਾ। ੧। ਰਹਾਉ।

(ਹੇ ਭਾਈ ! ਜਿਸ ਮਨੁੱਖ ਨੂੰ ਹਰਿ-ਨਾਮ ਸਿਮਰਨ ਦਾ)ਭੇਤ ਗੁਰੂ ਨੇ ਦੱਸ ਦਿੱਤਾ, ਉਸ ਨੇ (ਵਿਕਾਰਾਂ ਵਲ ਲੈ ਜਾਣ ਵਾਲੇ) ਔਝੜ ਵਿਚ (ਜੀਵਨ ਦਾ ਸਹੀ) ਰਸਤਾ ਲੱਭ ਲਿਆ, ਗੁਰੂ ਦੇ ਚਰਨ (ਉਸ ਮਨੁੱਖ ਵਾਸਤੇ) ਜਹਾਜ਼ ਬਣ ਗਏ ਜਿਸ (ਜਹਾਜ਼) ਦੀ ਰਾਹੀਂ ਉਹ ਮਨੁੱਖ (ਸੰਸਾਰ-) ਸਮੁੰਦਰ ਤੋਂ ਪਾਰ ਲੰਘ ਗਿਆ । ੧ ।

(ਹੇ ਭਾਈ !) ਜਦੋਂ (ਮਨੁੱਖ) ਸਾਧ ਸੰਗਤਿ ਵਿਚ (ਜਾ ਟਿਕਦਾ ਹੈ, ਤਦੋਂ ਕਾਮਾ-ਦਿਕ) ਪੰਜੇ ਚੋਰ ਉਸ ਦੇ ਟਾਕਰੇ ਤੋਂ ਭੱਜ ਜਾਂਦੇ ਹਨ, ਉਸ ਦੀ ਆਤਮਕ ਜੀਵਨ ਦੀ ਸਾਰੀ ਦੀ ਸਾਰੀ ਰਾਸਿ-ਪੂੰਜੀ (ਲੁੱਟੇ ਜਾਣ ਤੋਂ) ਬਚ ਜਾਂਦੀ ਹੈ, (ਸਗੋਂ, ਉਸ ਨੂੰ ਇਸ ਨਾਮ-ਵਣਜ ਵਿਚ) ਬਹੁਤਾ ਨਫ਼ਾ ਭੀ ਪੈਂਦਾ ਹੈ, ਅਤੇ ਪਰਲੋਕ ਵਿਚ ਸੋਭਾ ਨਾਲ ਜਾਂਦਾ ਹੈ । ੨ ।

(ਹੇ ਭਾਈ ! ਸਾਧ ਸੰਗਤਿ ਦੀ ਬਰਕਤ ਨਾਲ ਹਰ ਥਾਂ) ਅੱਖਾਂ ਨਾਲ ਪਰਮਾਤਮਾ ਦਾ ਦਰਸ਼ਨ ਕਰ ਕੇ ਉਸ ਮਨੁੱਖ ਦੀ ਭਟਕਣਾ ਮੁੱਕ ਜਾਂਦੀ ਹੈ, ਕੁਰਾਹੇ ਜਾਣ ਵਾਲੀ ਆਦਤ ਦੂਰ ਹੋ ਜਾਂਦੀ ਹੈ,(ਵਿਕਾਰਾਂ ਦੇ ਟਾਕਰੇ ਤੇ)ਉਸ ਦਾ ਹਿਰਦਾ-ਆਸਣ ਅਟੱਲ ਹੋ ਜਾਂਦਾ ਹੈ, ਉਸ ਦੀ (ਹਰੇਕ ਕਿਸਮ ਦੀ) ਚਿੰਤਾ ਮਿਟ ਜਾਂਦੀ ਹੈ, ਉਹ ਮਨੁੱਖ (ਵਿਕਾਰਾਂ ਦੇ ਸਾਹਮਣੇ) ਡੋਲਦਾ ਨਹੀਂ । ੩ ।

ਹੇ ਨਾਨਕ ! ਪਰਮਾਤਮਾ ਗੁਣਾਂ ਦਾ ਅਥਾਹ ਸਮੁੰਦਰ ਹੈ, ਗੁਣਾਂ ਦਾ ਖ਼ਜ਼ਾਨਾ ਹੈ (ਬਿਆਨ ਕੀਤਿਆਂ) ਉਸ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ ।ਪਰ ਜੇਹੜਾ ਮਨੁੱਖ ਸਾਧ ਸੰਗਤਿ ਵਿਚ ਟਿਕ ਕੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਲ ਪੀਂਦਾ ਹੈ, ਉਸ ਨੂੰ ਪਰਮਾਤਮਾ ਦਾ ਮਿਲਾਪ ਪ੍ਰਾਪਤ ਹੋ ਜਾਂਦਾ ਹੈ। ੪ । ੯ । ੩੯ ।

ਬਿਲਾਵਲੁ ਮਹਲਾ ੫॥ ਬਿਨੁ ਸਾਧੂ ਜੋ ਜੀਵਨਾ ਤੇਤੋ ਬਿਰਥਾਰੀ ॥ ਮਿਲਤ ਸੰਗਿ ਸਭਿ ਭ੍ਰਮ ਮਿਟੇ ਗਤਿ ਭਈ ਹਮਾਰੀ ॥ ੧ । ਜਾ ਦਿਨ ਭੇਟੇ ਸਾਧ ਮੋਹਿ ਉਆ ਦਿਨ ਬਲਿਹਾਰੀ ।। ਤਨੁ ਮਨੁ ਅਪਨੋ ਜੀਅਰਾ ਫਿਰਿ ਫਿਰਿ ਹਉ ਵਾਰੀ ।।੧।। ਰਹਾਉ ।। ਏਤ ਛਡਾਈ ਮੋਹਿ ਤੇ ਇਤਨੀ ਦ੍ਰਿੜਤਾਰੀ ॥ ਸਗਲ ਰੇਨ ਇਹੁ ਮਨੁ ਭਇਆ ਬਿਨਸੀ ਅਪਧਾਰੀ ॥ ੨ ।। ਨਿੰਦ ਚਿੰਦ ਪਰ ਦੂਖਨਾ ਏ ਖਿਨ ਮਹਿ ਜਾਰੀ ।। ਦਇਆ ਮਇਆ ਅਰੁ ਨਿਕਟਿ ਪੇਖੁ ਨਾਹੀ ਦੂਰਾਰੀ ॥ ੩ ।। ਤਨ ਮਨ ਸੀਤਲ ਭਏ ਅਬ ਮੁਕਤੇ ਸੰਸਾਰੀ ।। ਹੀਤ ਚੀਤ ਸਭ ਪ੍ਰਾਨ ਧਨ ਨਾਨਕ ਦਰਸਾਰੀ ॥੪॥੧੦॥੪੦॥

[ਪੰਨਾ ੮੧੦]

ਪਦ ਅਰਥ :–ਸਾਧੂ–ਗੁਰੂ । ਤੇਤੋ–ਉਤਨਾ ਹੀ, ਉਹ ਸਾਰਾ ਹੀ । ਸੰਗ–(ਗੁਰੂ ਦੇ) ਨਾਲ ।ਭ੍ਰਮ–ਭਟਕਣਾ । ਗਤਿ–ਉੱਚੀ ਆਤਮਕ ਅਵਸਥਾ । ੧ ।

ਜਾ ਦਿਨ–ਜਿਸ ਦਿਨ। ਸਾਧੂ–ਗੁਰੂ ਜੀ। ਭੇਟੇ–ਮਿਲੇ। ਮੋਹਿ–ਮੈਨੂੰ। ਉਆ ਦਿਨ–ਉਸ ਦਿਨ ਤੋਂ। ਜੀਅਰਾ–ਪਿਆਰੀ ਜਿੰਦ। ਹਉ–ਮੈਂ। ਵਾਰੀ–ਵਾਰੀਂ, ਕੁਰਬਾਨ ਕਰਾਂ। ੧। ਰਹਾਉ।

ਏਤ–ਏਤ (ਅਪਰਾਧੀ), ਇਤਨੀ ਅਪਣੱਤ। ਮੋਹਿ ਤੇ–ਮੈਥੋਂ। ਇਤਨੀ–ਇਤਨੀ (ਨਿੰਮ੍ਰਤਾ)। ਦ੍ਰਿੜਤਾਰੀ–ਪਕਿਆਈ। ਰੇਨ–ਚਰਨ-ਧੂੜ। ਅਪਧਾਰੀ–ਅਪਣੱਤ। ੨।

ਨਿੰਦ ਚਿੰਦ–ਨਿੰਦਾ ਦਾ ਖ਼ਿਆਲ। ਪਰ ਦੂਖਨਾ–ਦੂਜਿਆਂ ਦਾ ਮੰਦਾ ਚਿਤਵਣਾ। ਏ–ਇਹ ਵਿਕਾਰ। ਜਾਰੀ–ਸਾੜ ਦਿੱਤੇ। ਮਇਆ–ਤਰਸ। ਅਰੁ–ਅਤੇ [ਲਫ਼ਜ਼ 'ਅਰਿ' ਅਤੇ 'ਅਰੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ]। ਨਿਕਟਿ ਪੇਖੁ–ਪ੍ਰਭੂ ਨੂੰ ਨੇੜੇ ਵੇਖਣਾ। ਦੂਰਾਰੀ–ਦੂਰ। ੩।

ਸੀਤਲ–ਠੰਢੇ-ਠਾਰ, ਸ਼ਾਂਤ। ਅਬ–ਹੁਣ। ਮੁਕਤੇ–ਆਜ਼ਾਦ। ਸੰਸਾਰੀ–ਦੁਨੀਆ ਦੇ ਬੰਧਨਾਂ ਤੋਂ। ਹੀਤ–ਹਿਤ,ਲਗਨ। ਚੀਤ–ਚਿੱਤ, ਸੁਰਤਿ। ਪ੍ਰਾਨ–ਜਿੰਦ। ੪।

ਅਰਥ :–(ਹੇ ਭਾਈ !) ਮੈਂ ਉਸ ਦਿਨ ਤੋਂ ਸਦਕੇ ਜਾਂਦਾ ਹਾਂ, ਜਿਸ ਦਿਨ ਮੈਨੂੰ ਮੇਰੇ ਗੁਰੂ (ਪਾਤਿਸ਼ਾਹ) ਮਿਲ ਪਏ। ਹੁਣ ਮੈਂ (ਆਪਣੇ ਗੁਰੂ ਤੋਂ) ਆਪਣਾ ਸਰੀਰ, ਆਪਣਾ ਮਨ, ਆਪਣੀ ਪਿਆਰੀ ਜਿੰਦ ਮੁੜ ਮੁੜ ਸਦਕੇ ਕਰਦਾ ਹਾਂ। ੧। ਰਹਾਉ।

(ਹੇ ਭਾਈ ! ਗੁਰੂ(ਦੇ ਮਿਲਾਪ)ਤੋਂ ਬਿਨਾ ਜਿਤਨੀ ਭੀ ਉਮਰ ਗੁਜ਼ਾਰਨੀ ਹੈ,ਉਹ ਸਾਰੀ ਵਿਅਰਥ ਚਲੀ ਜਾਂਦੀ ਹੈ। ਗੁਰੂ ਦੀ ਸੰਗਤਿ ਵਿਚ ਮਿਲਦਿਆਂ ਹੀ ਸਾਰੀਆਂ ਭਟਕਣਾਂ ਮਿਟ ਜਾਂਦੀਆਂ ਹਨ, (ਗੁਰੂ ਦੀ ਕਿਰਪਾ ਨਾਲ) ਅਸਾਂ ਜੀਵਾਂ ਨੂੰ ਉੱਚੀ ਆਤਮਕ ਅਵਸਥਾ ਮਿਲ ਜਾਂਦੀ ਹੈ। ੧।

ਹੇ ਭਾਈ ! ਗੁਰੂ ਨੇ ਕਿਰਪਾ ਕਰ ਕੇ) ਮੈਥੋਂ ਅਪਣੱਤ ਇਤਨੀ ਛਡਾ ਦਿੱਤੀ ਹੈ, ਅਤੇ ਨਿੰਮ੍ਰਤਾ (ਮੇਰੇ ਹਿਰਦੇ ਵਿਚ) ਇਤਨੀ ਪੱਕੀ ਕਰ ਦਿੱਤੀ ਹੈ ਕਿ ਹੁਣ ਮੇਰਾ ਇਹ ਮਨ ਸਭਨਾਂ ਦੀ ਚਰਨ-ਧੂੜ ਬਣ ਗਿਆ ਹੈ, ਹਰ ਵੇਲੇ ਆਪਣੇ ਹੀ ਸੁਆਰਥ ਦਾ ਖ਼ਿਆਲ ਮੇਰੇ ਅੰਦਰੋਂ ਮੁੱਕ ਗਿਆ ਹੈ। ੧।

ਹੇ ਭਾਈ ! ਗੁਰੂ ਨੇ ਮੇਰੇ ਅੰਦਰੋਂ ਪਰਾਈ ਨਿੰਦਾ ਦਾ ਖ਼ਿਆਲ, ਦੂਜਿਆਂ ਦਾ ਬੁਰਾ ਤੱਕਣਾ–ਇਹ ਸਭ ਕੁਝ ਇਕ ਖਿਨ ਵਿਚ ਹੀ ਸਾੜ ਦਿੱਤੇ ਹਨ। (ਦੂਜਿਆਂ ਉਤੇ ਦਇਆ (ਕਰਨੀ), (ਲੋੜਵੰਦਿਆਂ ਉਤੇ) ਤਰਸ (ਕਰਨਾ), ਅਤੇ (ਪਰਮਾਤਮਾ ਨੂੰ ਹਰ ਵੇਲੇ) ਆਪਣੇ ਨੇੜੇ ਵੇਖਣਾ–ਇਹ ਹਰ ਵੇਲੇ ਮੇਰੇ ਅੰਦਰ ਵੱਸਦੇ ਹਨ। ੩।

ਹੇ ਨਾਨਕ !(ਆਖ–ਹੇ ਭਾਈ ! ਜਦੋਂ ਤੋਂ ਮੈਨੂੰ ਗੁਰੂ ਮਿਲ ਪਿਆ ਹੈ, ਉਸ ਦੀ ਮੇਹਰ ਨਾਲ) ਹੁਣ ਮੇਰਾ ਮਨ ਅਤੇ ਤਨ (ਵਿਕਾਰਾਂ ਵਲੋਂ) ਸ਼ਾਂਤ ਹੋ ਗਏ ਹਨ, ਦੁਨੀਆ ਦੇ ਮੋਹ ਤੇ ਬੰਧਨਾਂ ਤੋਂ ਆਜ਼ਾਦ ਹੋ ਗਏ ਹਨ। ਹੁਣ ਮੇਰੀ ਲਗਨ, ਮੇਰੀ ਸੁਰਤਿ, ਮੇਰੀ

ਜਿੰਦ ਪ੍ਰਭੂ ਦੇ ਦਰਸ਼ਨ ਵਿਚ ਹੀ ਮਗਨ ਹੈ, ਪ੍ਰਭੂ ਦਾ ਦਰਸ਼ਨ ਹੀ ਮੇਰੇ ਵਾਸਤੇ ਧਨ ਹੈ। ।੪।੧੦।੪੦।

ਬਿਲਾਵਲੁ ਮਹਲਾ ੫ ॥ ਟਹਲ ਕਰਉ ਤੇਰੇ ਦਾਸ ਕੀ ਪਗ ਝਾਰਉ ਬਾਲ ॥ ਮਸਤਕੁ ਅਪਨਾ ਭੇਟ ਦੇਉ ਗੁਨ ਸੁਨਉ ਰਸਾਲ ॥ ੧ ॥ ਤੁਮ ਮਿਲਤੇ ਮੇਰਾ ਮਨੁ ਜੀਓ ਤੁਮ ਮਿਲਹੁ ਦਇਆਲ ॥ ਨਿਸਿ ਬਾਸੁਰ ਮਨਿ ਅਨਦੁ ਹੋਤ ਚਿਤਵਤ ਕਿਰਪਾਲ ॥ ੧ ॥ ਰਹਾਉ ॥ ਜਗਤ ਉਧਾਰਨ ਸਾਧ ਪ੍ਰਭ ਤਿਨ ਲਾਗਹੁ ਪਾਲ ॥ ਮੋ ਕਉ ਦੀਜੈ ਦਾਨੁ ਪ੍ਰਭ, ਸੰਤਨ ਪਗ ਰਾਲ ॥ ੨ ॥ ਉਕਤਿ ਸਿਆਨਪ ਕਛੂ ਨਹੀ ਨਾਹੀ ਕਛੁ ਘਾਲ ॥ ਭ੍ਰਮ ਭੈ ਰਾਖਹੁ ਮੋਹ ਤੇ, ਕਾਟਹੁ ਜਮ ਜਾਲ ॥ ੩ ॥ ਬਿਨਉ ਕਰਉ ਕਰੁਣਾਪਤੇ ਪਿਤਾ ਪ੍ਰਤਿ-ਪਾਲ ॥ ਗੁਣ ਗਾਵਉ ਤੇਰੇ ਸਾਧ ਸੰਗਿ, ਨਾਨਕ ਸੁਖ ਸਾਲ ॥੪॥੧੧॥ ੪੧॥ [ਪੰਨਾ ੮੧੦]

ਪਦ ਅਰਥ :–ਕਰਉ–ਕਰਉਂ, ਮੈਂ ਕਰਦਾ ਰਹਾਂ। ਪਗ–ਪੈਰ, ਚਰਨ। ਝਾਰਉ–ਝਾਰਉਂ, ਮੈਂ ਝਾੜਾਂ। ਬਾਲ–ਕੇਸਾਂ ਨਾਲ। ਮਸਤਕੁ–ਮੱਥਾ, ਸਿਰ। ਭੇਟ ਦੇਉ–ਭੇਟ ਦੇਉਂ, ਮੈਂ ਅਰਪਣ ਕਰ ਦਿਆਂ। ਸੁਨਉ–ਸੁਨਉਂ, ਮੈਂ ਸੁਣਾਂ। ਰਸਾਮ–[ਰਸ ਆਲਾਯ] ਸੁਆਦਲੇ। ੧।

ਜੀਓ–ਜੀਊ ਪੈਂਦਾ ਹੈ, ਆਤਮਕ ਜੀਵਨ ਹਾਸਲ ਕਰ ਲੈਂਦਾ ਹੈ। ਦਇਆਲ–ਹੇ ਦਇਆ ਦੇ ਸੋਮੇ ! ਨਿਸਿ–ਰਾਤ। ਬਾਸੁਰ–ਦਿਨ। ਮਨਿ–ਮਨ ਵਿਚ [ਲਫ਼ਜ਼ 'ਮਨੁ' ਅਤੇ 'ਮਨਿ' ਦਾ ਵਿਆਕਰਨਿਕ ਫ਼ਰਕ ਚੇਤੇ ਰਹੇ]। ਕਿਰਪਾਲ–ਹੇ ਕਿਰਪਾ ਦੇ ਸੋਮੇ ! ੧। ਰਹਾਉ।

ਉਧਾਰਨ–ਬਚਾਣ ਵਾਲੇ। ਸਾਧ ਪ੍ਰਭ–ਪ੍ਰਭੂ ਦਾ ਭਜਨ ਕਰਨ ਵਾਲੇ ਗੁਰਮੁਖ। ਤਿਨ੍ ਪਾਲ–ਉਹਨਾਂ ਦੇ ਪੱਲੇ, ਉਹਨਾਂ ਦੀ ਸਰਨ। ਮੋ ਕਉ–ਮੈਨੂੰ। ਪ੍ਰਭ–ਹੇ ਪ੍ਰਭੂ ! ਪਗ ਰਾਲ–ਪੈਰਾਂ ਦੀ ਧੂੜ। ੨।

ਉਕਤਿ–ਯੁਕਤਿ, ਦਲੀਲ। ਘਾਲ–ਮੇਹਨਤ, ਸੇਵਾ। ਭੈ–[ਲਫ਼ਜ਼ 'ਭਉ' ਤੋਂ ਬਹੁ ਵਚਨ]। ਮੋਹ ਤੇ–ਮੋਹ ਤੋਂ। ਜਮ ਜਾਲ–ਜਮ ਦਾ ਜਾਲ। ੩।

ਬਿਨਉ–[ਵਿਨਯ] ਬੇਨਤੀ। ਕਰਉ–ਕਰਉਂ। ਕਰੁਣਾ ਪਤੇ–[ਕਰੁਣਾ–ਤਰਸ, ਦਇਆ। ਪਤੇ–ਹੇ ਪਤੀ !] ਹੇ ਦਇਆ ਦੇ ਮਾਲਕ ! ਗਾਵਉ–ਗਾਵਉਂ। ਸਾਲ–[ਸ਼ਾਲਾ] ਘਰ। ਸੁਖ ਸਾਲ–ਸੁਖਾਂ ਦਾ ਘਰ। ੪।

ਅਰਥ :–ਹੇ ਦਇਆ ਦੇ ਸੋਮੇ ਪ੍ਰਭੂ ! ਮੈਨੂੰ ਮਿਲ। ਤੈਨੂੰ ਮਿਲਿਆਂ ਮੇਰਾ ਮਨ

ਆਤਮਕ ਜੀਵਨ ਪ੍ਰਾਪਤ ਕਰਦਾ ਹੈ। ਹੇ ਕਿਰਪਾ ਦੇ ਘਰ ਪ੍ਰਭੂ ! (ਤੇਰੇ ਗੁਣ) ਯਾਦ ਕਰਦਿਆਂ ਦਿਨ ਰਾਤ ਮੇਰੇ ਮਨ ਵਿਚ ਆਨੰਦ ਬਣਿਆ ਰਹਿੰਦਾ ਹੈ। ੧। ਰਹਾਉ।

(ਹੇ ਪ੍ਰਭੂ ! ਮੇਹਰ ਕਰ) ਮੈਂ ਤੇਰੇ ਸੇਵਕ ਦੀ ਸੇਵਾ ਕਰਦਾ ਰਹਾਂ, ਮੈਂ (ਤੇਰੇ ਸੇਵਕ ਦੇ) ਚਰਨ (ਆਪਣੇ) ਕੇਸਾਂ ਨਾਲ ਝਾੜਦਾ ਰਹਾਂ। ਮੈਂ ਆਪਣਾ ਸਿਰ (ਤੇਰੇ ਸੇਵਕ ਅੱਗੇ) ਭੇਟਾ ਕਰ ਦਿਆਂ, (ਤੇ ਉਸ ਪਾਸੋਂ ਤੇਰੇ) ਰਸ-ਭਰੇ ਗੁਣ ਸੁਣਦਾ ਰਹਾਂ ।੧।

ਹੇ ਭਾਈ ! ਪਰਮਾਤਮਾ ਦੀ ਭਗਤੀ ਕਰਨ ਵਾਲੇ ਗੁਰਮੁਖ ਮਨੁੱਖ ਦੁਨੀਆ (ਦੇ ਬੰਦਿਆਂ) ਨੂੰ (ਵਿਕਾਰਾਂ ਤੋਂ) ਬਚਾਣ ਦੀ ਸਮਰੱਥਾ ਵਾਲੇ ਹੁੰਦੇ ਹਨ, (ਜੇ ਵਿਕਾਰਾਂ ਤੋਂ ਬਚਨ ਦੀ ਲੋੜ ਹੈ ਤਾਂ) ਉਹਨਾਂ ਦੀ ਸਰਨ ਪਏ ਰਹੋ। ਹੇ ਪ੍ਰਭੂ ! ਮੈਨੂੰ (ਭੀ) ਆਪਣੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਦਾ ਦਾਨ ਦੇਹ। ੨।

ਹੇ ਪ੍ਰਭੂ ! ਮੇਰੇ ਪੱਲੇ ਦਲੀਲ ਕਰਨ ਦੀ ਸਮਰਥਾ ਨਹੀਂ, ਮੇਰੇ ਅੰਦਰ ਕੋਈ ਸਿਆਣਪ ਨਹੀਂ, ਮੈਂ ਕੋਈ ਸੇਵਾ ਦੀ ਮੇਹਨਤ ਨਹੀਂ ਕੀਤੀ, (ਮੇਰੀ ਤਾਂ ਤੇਰੇ ਹੀ ਦਰ ਤੇ ਅਰਜ਼ੋਈ ਹੈ–ਹੇ ਪ੍ਰਭੂ !) ਮੈਨੂੰ ਭਟਕਣਾਂ ਤੋਂ; ਡਰਾਂ ਤੋਂ; ਮੋਹ ਤੋਂ ਬਚਾ ਲੈ (ਇਹ ਭਟਕਣ, ਇਹ ਡਰ, ਇਹ ਮੋਹ ਸਭ ਜਮ ਦੇ ਜਾਲ, ਜਮ ਦੇ ਵੱਸ ਪਾਣ ਵਾਲੇ ਹਨ, ਮੇਰਾ ਇਹ) ਜਮਾਂ ਦਾ ਜਾਲ ਕੱਟ ਦੇ। ੩।

ਹੇ ਤਰਸ ਦੇ ਸੋਮੇ ! ਹੇ ਰੱਖਿਆ ਕਰਨ ਦੇ ਸਮਰੱਥ ਪ੍ਰਭੂ ! ਮੈਂ (ਤੇਰੇ ਅੱਗੇ) ਬੇਨਤੀ ਕਰਦਾ ਹਾਂ। ਹੇ ਨਾਨਕ ! (ਆਖ–ਹੇ ਪ੍ਰਭੂ ! ਮੇਹਰ ਕਰ) ਸਾਧ ਸੰਗਤਿ ਵਿਚ ਟਿਕ ਕੇ ਮੈਂ ਤੇਰੇ ਗੁਣ ਗਾਂਦਾ ਰਹਾਂ। (ਹੇ ਪ੍ਰਭੂ !) ਤੇਰੀ ਸਾਧ ਸੰਗਤਿ ਸੁਖਾਂ ਦਾ ਘਰ ਹੈ ।੪।੧੧।੪੧।

ਬਿਲਾਵਲੁ ਮਹਲਾ ੫ ॥ ਕੀਤਾ ਲੋੜਹਿ ਸੋ ਕਰਹਿ ਤੁਝ ਬਿਨੁ ਕਛੁ ਨਾਹਿ ॥ ਪਰਤਾਪੁ ਤੁਮ੍ਾਰਾ ਦੇਖਿ ਕੈ ਜਮਦੂਤ ਛਡਿ ਜਾਹਿ ॥ ੧ ॥ ਤੁਮ੍ਰੀ ਕ੍ਰਿਪਾ ਤੇ ਛੂਟੀਐ ਬਿਨਸੈ ਅਹੰਮੇਵ ॥ ਸਰਬ ਕਲਾ ਸਮਰਥ ਪ੍ਰਭ ਪੂਰੇ ਗੁਰਦੇਵ ॥ ੧ ॥ ਰਹਾਉ ॥ ਖੋਜਤ ਖੋਜਤ ਖੋਜਿਆ ਨਾਮੈ ਬਿਨੁ ਕੂਰੁ ॥ ਜੀਵਨ ਸੁਖੁ ਸਭੁ ਸਾਧ ਸੰਗਿ ਪ੍ਰਭ ਮਨਸਾ ਪੂਰੁ ॥੨॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਸਿਆਨਪ ਸਭ ਜਾਲੀ ॥ ਜਤ ਕਤ ਤੁਮ੍ ਭਰਪੂਰ ਹਹੁ ਮੇਰੇ ਦੀਨ ਦਇਆਲੀ ॥ ੩ ॥ ਸਭੁ ਕਿਛੁ ਤੁਮ ਤੇ ਮਾਗਨਾ ਵਡਭਾਗੀ ਪਾਏ ॥ ਨਾਨਕ ਕੀ ਅਰਦਾਸਿ ਪ੍ਰਭ ਜੀਵਾ ਗੁਨ ਗਾਏ ॥੪॥੧੨॥੪੨॥
[ਪੰਨਾ ੮੧੧]

ਪਦ ਅਰਥ :–ਕੀਤਾ ਲੋੜਹਿ–(ਜੋ ਕੁਝ) ਤੂੰ ਕਰਨਾ ਚਾਹੁੰਦਾ ਹੈਂ। ਕਰਹਿ–ਤੂੰ

ਕਰਦਾ ਹੈਂ । ੧ ।

ਕ੍ਰਿਪਾ ਤੇ—ਕਿਰਪਾ ਨਾਲ ।ਅਹੰਮੇਵ—[अहं एव—ਮੈਂ ਹੀ ਹਾਂ] ਹਉਮੈ,ਅਹੰਕਾਰ। ਕਲਾ—ਤਾਕਤ । ਗੁਰਦੇਵ—ਹੇ ਸਭ ਤੋਂ ਵੱਡੇ ਦੇਵਤੇ ! ੧ । ਰਹਾਉ ।

ਨਾਮੈ ਬਿਨੁ—(ਪਰਮਾਤਮਾ ਦੇ) ਨਾਮ ਤੋਂ ਬਿਨਾ । ਕੂਰੁ—ਕੂੜ, ਝੂਠ । ਸਭੁ—ਸਾਰਾ । ਪ੍ਰਭ—ਹੇ ਪ੍ਰਭੂ ! ਮਨਸਾ—[ਸਜੀਸ਼ਾ] ਮਨ ਦਾ ਫੁਰਨਾ । ਪੂਰੁ—ਪੂਰਾ ਕਰ । ੨।

ਜਿਤੁ—ਜਿਸ ਵਿਚ । ਜਿਤੁ ਜਿਤੁ—ਜਿਸ ਜਿਸ ਕੰਮ ਵਿਚ । ਲਗਹਿ—(ਜੀਵ) ਲੱਗਦੇ ਹਨ । ਸਭ—ਸਾਰੀ । ਜਾਲੀ—ਸਾੜ ਦਿੱਤੀ । ਜਤ ਕਤ—ਜਿੱਥੇ ਕਿੱਥੇ, ਹਰ ਥਾਂ।੩।

ਤੁਮ ਤੇ—ਤੇਰੇ ਪਾਸੋਂ । ਜੀਵਾ—ਜੀਵਾਂ,ਮੈਂ ਆਤਮਕ ਜੀਵਨ ਪ੍ਰਾਪਤ ਕਰਾਂ । ਗਾਇ —ਗਾਇ, ਗਾ ਕੇ । ੪ ।

ਅਰਥ :—ਹੇ ਸਾਰੀਆਂ ਤਾਕਤਾਂ ਵਾਲੇ ਪ੍ਰਭੂ ! ਹੇ ਸਭ ਕੁਝ ਕਰ ਸਕਣ ਵਾਲੇ ਪ੍ਰਭੂ ! ਹੇ ਗੁਣਾਂ ਨਾਲ ਭਰਪੂਰ ਪ੍ਰਭੂ ! ਹੇ ਸਭ ਤੋਂ ਵੱਡੇ ਦੇਵਤੇ ਪ੍ਰਭੂ! ਤੇਰੀ ਮੇਹਰ ਨਾਲ (ਹੀ ਵਿਕਾਰਾਂ ਤੋਂ) ਬਚ ਸਕੀਦਾ ਹੈ। (ਤੇਰੀ ਕਿਰਪਾ ਨਾਲ ਹੀ) (ਜੀਵਾਂ ਦੀ) ਹਉਮੈ ਦੂਰ ਹੋ ਸਕਦੀ ਹੈ । ੧ । ਰਹਾਉ ।

ਹੇ ਪ੍ਰਭੂ ! ਜੋ ਕੁਝ ਤੂੰ ਕਰਨਾ ਚਾਹੁੰਦਾ ਹੈਂ, ਉਹੀ ਤੂੰ ਕਰਦਾ ਹੈਂ, ਤੇਰੀ ਪ੍ਰੇਰਨਾ ਤੋਂ ਬਿਨਾ (ਜੀਵ ਪਾਸੋਂ) ਕੁਝ ਨਹੀਂ ਹੋ ਸਕਦਾ । ਤੇਰਾ ਤੇਜ-ਪ੍ਰਤਾਪ ਵੇਖ ਕੇ ਜਮਦੂਤ (ਭੀ ਜੀਵ ਨੂੰ) ਛੱਡ ਜਾਂਦੇ ਹਨ । ੧ ।

ਹੇ ਪ੍ਰਭੂ! ਭਾਲ ਕਰਦਿਆਂ ਕਰਦਿਆਂ (ਆਖ਼ਰ ਮੈਂ ਇਹ ਗੱਲ) ਲੱਭ ਲਈ ਹੈ ਕਿ (ਤੇਰੇ) ਨਾਮ ਤੋਂ ਬਿਨਾ (ਹੋਰ ਸਭ ਕੁਝ) ਨਾਸਵੰਤ ਹੈ । ਜ਼ਿੰਦਗੀ ਦਾ ਸਾਰਾ ਸੁਖ ਸਾਧ ਸੰਗਤਿ ਵਿਚ (ਹੀ ਪ੍ਰਾਪਤ ਹੁੰਦਾ ਹੈ) । ਹੇ ਪ੍ਰਭੂ ! (ਮੈਨੂੰ ਭੀ ਸਾਧ ਸੰਗਤਿ ਵਿਚ ਟਿਕਾਈ ਰੱਖੀਂ, ਮੇਰੀ ਇਹ) ਤਾਂਘ ਪੂਰੀ ਕਰ । ੨ ।

ਹੇ ਪ੍ਰਭੂ! ਜਿਸ ਜਿਸ ਕੰਮ ਵਿਚ ਤੂੰ(ਜੀਵਾਂ ਨੂੰ) ਲਾਂਦਾ ਹੈਂ,ਉਸੇ ਉਸੇ ਵਿਚ (ਜੀਵ) ਲੱਗਦੇ ਹਨ । (ਇਸ ਵਾਸਤੇ, ਹੇ ਪ੍ਰਭੂ !)ਮੈਂ ਆਪਣੀ ਸਾਰੀ ਚਤੁਰਾਈ ਮੁਕਾ ਦਿੱਤੀ ਹੈ (ਤੇ, ਤੇਰੀ ਰਜ਼ਾ ਵਿਚ ਤੁਰਨਾ ਲੋੜਦਾ ਹਾਂ) । ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ ! ਤੂੰ (ਸਾਰੇ ਜਗਤ ਵਿਚ) ਹਰ ਥਾਂ ਮੌਜੂਦ ਹੈਂ (ਤੈਥੋਂ ਕੋਈ ਆਕੀ ਨਹੀਂ ਹੋ ਸਕਦਾ) । ੩ ।

ਹੇ ਪ੍ਰਭੂ ! (ਅਸੀ ਜੀਵ) ਸਭ ਕੁਝ ਤੇਰੇ ਪਾਸੋਂ ਹੀ ਮੰਗ ਸਕਦੇ ਹਾਂ । (ਜੇਹੜਾ) ਵਡ-ਭਾਗੀ (ਮਨੁੱਖ ਮੰਗਦਾ ਹੈ, ਉਹ) ਪ੍ਰਾਪਤ ਕਰ ਲੈਂਦਾ ਹੈ। ਹੇ ਪ੍ਰਭੂ ! (ਤੇਰੇ ਦਾਸ) ਨਾਨਕ ਦੀ (ਤੇਰੇ ਦਰ ਤੇ) ਅਰਦਾਸ ਹੈ (ਮੇਹਰ ਕਰ, ਮੈਂ ਨਾਨਕ) ਤੇਰੇ ਗੁਣ ਗਾ ਕੇ ਆਤਮਕ ਜੀਵਨ ਹਾਸਲ ਕਰ ਲਵਾਂ । ੪ । ੧੨ । ੪੨ ।

ਬਿਲਾਵਲੁ ਮਹਲਾ ੫ ॥ ਸਾਧ ਸੰਗਤਿ ਕੈ ਬਾਸਬੈ ਕਲਮਲ ਸਭਿ ਨਸਨਾ ॥ ਪ੍ਰਭ ਸੇਤੀ ਰੰਗਿ ਰਾਤਿਆ ਤਾ ਤੇ ਗਰਭਿ ਨ ਗ੍ਰਸਨਾ ॥ ੧ ॥ ਨਾਮੁ ਕਹਤ ਗੋਵਿੰਦ ਕਾ ਸੂਚੀ ਭਈ ਰਸਨਾ ॥ ਮਨ ਤਨ ਨਿਰਮਲ ਹੋਈਹੈ ਗੁਰ ਕਾ ਜਪੁ ਜਪਨਾ ॥ ੧ ॥ ਰਹਾਉ ॥ ਹਰਿ ਰਸੁ ਚਾਖਤ ਧ੍ਰਾਪਿਆ ਮਨਿ ਰਸੁ ਲੈ ਹਸਨਾ ॥ ਬੁਧਿ ਪ੍ਰਗਾਸ ਪ੍ਰਗਟ ਭਈ ਉਲਟਿ ਕਮਲੁ ਬਿਗਸਨਾ ॥ ੨ ॥ ਸੀਤਲ ਸਾਂਤਿ ਸੰਤੋਖੁ ਹੋਇ ਸਭ ਬੂਝੀ ਤ੍ਰਿਸਨਾ ॥ ਦਹ ਦਿਸ ਧਾਵਤ ਮਿਟਿ ਗਏ ਨਿਰਮਲ ਥਾਨਿ ਬਸਨਾ ॥ ੩ ॥ ਰਾਖਨਹਾਰੈ ਰਾਖਿਆ ਭਏ ਭ੍ਰਮ ਭਸਨਾ ॥ ਨਾਮੁ ਨਿਧਾਨ ਨਾਨਕ ਸੁਖੀ ਪੇਖਿ ਸਾਧ ਦਰਸਨਾ ॥ ੪ ॥ ੧੩ ॥ ੪੩ ॥ [ਪੰਨਾ ੮੧੧]

ਪਦ ਅਰਥ :–ਕੈ ਬਾਸਬੈ–ਦੇ ਵਸੇਬੇ ਨਾਲ। ਕਲਮਲ–ਪਾਪ। ਸਭਿ–ਸਾਰੇ। ਸੇਤੀ–ਨਾਲ। ਰੰਗਿ–ਪ੍ਰੇਮ-ਰੰਗ ਵਿਚ। ਤਾ ਤੇ–ਉਸ (ਪ੍ਰੇਮ-ਰੰਗ) ਦੇ ਕਾਰਨ। ਤੇ–ਤੋਂ, ਦੇ ਕਾਰਨ। ਗਰਭਿ–ਗਰਭ ਵਿਚ, ਜਨਮ ਮਰਨ ਦੇ ਗੇੜ ਵਿਚ। ਗ੍ਰਸਨਾ–ਫਸਣਾ।੧।

ਸੂਚੀ–ਸੁੱਚੀ, ਪਵਿੱਤਰ। ਰਸਨਾ–ਜੀਭ। ਨਿਰਮਲ–ਸਾਫ਼, ਪਵਿੱਤਰ। ਹੋਈ ਹੈ–ਹੋ ਜਾਂਦੇ ਹਨ। ੧। ਰਹਾਉ।

ਰਸੁ–ਸੁਆਦ। ਧ੍ਰਾਪਿਆ–ਰੱਜ ਗਿਆ। ਮਨਿ–ਮਨ ਵਿਚ। ਹਸਨਾ–ਖਿੜ ਪਿਆ। ਉਲਟਿ–(ਮਾਇਆ ਦੇ ਮੋਹ ਵਲੋਂ)ਪਰਤ ਕੇ। ਕਮਲੁ–ਹਿਰਦੇ ਦਾ ਕੌਲ ਫੁੱਲ। ਬਿਗਸਨਾ–ਖਿੜ ਪਿਆ। ੨।

ਸੀਤਲ–ਠੰਢਾ-ਠਾਰ। ਸਭ ਤ੍ਰਿਸਨਾ–ਸਾਰੀ ਤ੍ਰੇਹ (ਮਾਇਆ ਦੀ)। ਦਹ ਦਿਸ–ਦਸੀਂ ਪਸੀਂ। ਧਾਵਤ–ਦੌੜ-ਭੱਜ। ਥਾਨਿ–ਥਾਂ ਵਿਚ। ੩।

ਰਾਖਨਹਾਰੈ–ਰੱਖਿਆ ਕਰ ਸਕਣ ਵਾਲੇ ਪ੍ਰਭੂ ਨੇ। ਭ੍ਰਮ–ਭਟਕਣਾ, ਭਰਮ-ਵਹਿਮ। ਭਸਨਾ–ਭਸਮ, ਸੁਆਹ। ਨਿਧਾਨ–ਖ਼ਜ਼ਾਨੇ। ਪੇਖਿ–ਵੇਖ ਕੇ। ਸਾਧ ਦਰਸਨਾ–ਗੁਰੂ ਦਾ ਦਰਸ਼ਨ। ੪।

ਅਰਥ :–ਹੇ ਭਾਈ ! ਪਰਮਾਤਮਾ ਦਾ ਨਾਮ ਜਪਿਆਂ (ਮਨੁੱਖ ਦੀ) ਜੀਭ ਪਵਿੱਤਰ ਹੋ ਜਾਂਦੀ ਹੈ। ਗੁਰੂ ਦਾ (ਦੱਸਿਆ ਹੋਇਆ ਹਰਿ-ਨਾਮ ਦਾ) ਜਾਪ ਜਪਿਆਂ ਮਨ ਪਵਿੱਤਰ ਹੋ ਜਾਂਦਾ ਹੈ, ਸਰੀਰ ਪਵਿੱਤਰ ਹੋ ਜਾਂਦਾ ਹੈ। ੧। ਰਹਾਉ।

ਹੇ ਭਾਈ ! ਗੁਰੂ ਦੀ ਸੰਗਤਿ ਵਿਚ ਟਿਕੇ ਰਹਿਣ ਨਾਲ ਸਾਰੇ ਪਾਪ ਦੂਰ ਹੋ ਜਾਂਦੇ ਹਨ। (ਸਾਧ ਸੰਗਤਿ ਦੀ ਬਰਕਤ ਨਾਲ) ਪਰਮਾਤਮਾ ਨਾਲ (ਸਾਂਝ ਬਣਿਆਂ) ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗੇ ਜਾਈਦਾ ਹੈ, ਜਿਸ ਕਰਕੇ ਜਨਮ ਮਰਨ ਦੇ ਗੇੜ ਵਿਚ

ਨਹੀਂ ਫਸੀਦਾ। ੧।

(ਹੇ ਭਾਈ ! ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਨਾਮ ਦਾ ਰਸ ਚੱਖਿਆਂ (ਮਾਇਆ ਦੇ ਲਾਲਚ ਵਲੋਂ) ਰੱਜ ਜਾਈਦਾ ਹੈ, ਪਰਮਾਤਮਾ ਦਾ ਨਾਮ-ਰਸ ਮਨ ਵਿਚ ਵਸਾ ਕੇ ਸਦਾ ਖਿੜੇ ਰਹੀਦਾ ਹੈ। ਬੁੱਧੀ ਵਿਚ (ਸਹੀ ਜੀਵਨ ਦਾ) ਚਾਨਣ ਹੋ ਜਾਂਦਾ ਹੈ, ਬੁੱਧੀ ਉੱਜਲ ਹੋ ਜਾਂਦੀ ਹੈ। ਹਿਰਦਾ-ਕੌਲ (ਮਾਇਆ ਦੇ ਮੋਹ ਵਲੋਂ) ਪਰਤ ਕੇ ਸਦਾ ਖਿੜਿਆ ਰਹਿੰਦਾ ਹੈ। ੨।

(ਹੇ ਭਾਈ ! ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੇ ਨਾਮ ਦਾ ਜਾਪ ਕੀਤਿਆਂ ਮਨੁੱਖ ਦਾ ਮਨ) ਠੰਢਾ-ਠਾਰ ਹੋ ਜਾਂਦਾ ਹੈ, (ਮਨ ਵਿਚ) ਸ਼ਾਂਤੀ ਤੇ ਸੰਤੋਖ ਪੈਦਾ ਹੋ ਜਾਂਦਾ ਹੈ, ਮਾਇਆ ਵਾਲੀ ਸਾਰੀ ਤ੍ਰਿਸ਼ਨਾ ਮੁੱਕ ਜਾਂਦੀ ਹੈ। (ਮਾਇਆ ਦੀ ਖ਼ਾਤਰ) ਦਸੀਂ ਪਾਸੀਂ (ਸਾਰੇ ਜਗਤ ਵਿਚ) ਦੌੜ-ਭੱਜ ਮਿਟ ਜਾਂਦੀ ਹੈ, (ਪ੍ਰਭੂ ਦੇ ਚਰਨਾਂ ਦੇ) ਪਵਿੱਤਰ ਥਾਂ ਵਿਚ ਨਿਵਾਸ ਹੋ ਜਾਂਦਾ ਹੈ। ੩।

ਹੇ ਨਾਨਕ! ਰੱਖਿਆ ਕਰਨ ਦੇ ਸਮਰੱਥ ਪ੍ਰਭੂ ਨੇ ਜਿਸ ਮਨੁੱਖ ਦੀ (ਵਿਕਾਰਾਂ ਵਲੋਂ) ਰਾਖੀ ਕੀਤੀ, ਉਸ ਦੀਆਂ ਸਾਰੀਆਂ ਹੀ ਭਟਕਣਾਂ (ਸੜ ਕੇ) ਸੁਆਹ ਹੋ ਗਈਆਂ। ਗੁਰੂ ਦਾ ਦਰਸ਼ਨ ਕਰ ਕੇ ਉਸ ਮਨੁੱਖ ਨੇ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ (ਜੋ, ਮਾਨੋ, ਦੁਨੀਆ ਦੇ ਸਾਰੇ ਹੀ) ਖ਼ਜ਼ਾਨੇ (ਹੈ), (ਤੇ ਨਾਮ ਦੀ ਬਰਕਤਿ ਨਾਲ ਉਹ ਸਦਾ ਲਈ) ਸੁਖੀ ਹੋ ਗਿਆ। ੪। ੧੩। ੪੩।

ਬਿਲਾਵਲੁ ਮਹਲਾ ੫ ॥ ਪਾਨੀ ਪਖਾ ਪੀਸੁ ਦਾਸ ਕੈ ਤਬ ਹੋਹਿ ਨਿਹਾਲੁ ॥ ਰਾਜ ਮਿਲਖ ਸਿਕਦਾਰੀਆ ਅਗਨੀ ਮਹਿ ਜਾਲੁ ॥੧॥ ਸੰਤ ਜਨਾ ਕਾ ਛੋਹਰਾ ਤਿਸੁ ਚਰਣੀ ਲਾਗਿ ॥ ਮਾਇਆਧਾਰੀ ਛਤ੍ਰਪਤਿ ਤਿਨ੍ ਛੋਡਉ ਤਿਆਗਿ॥੧॥ਰਹਾਉ॥ਸੰਤਨ ਕਾ ਦਾਨਾ ਰੂਖਾ ਸੋ ਸਰਬ ਨਿਧਾਨ॥ ਗ੍ਰਿਹਿ ਸਾਕਤ ਛਤੀਹ ਪ੍ਰਕਾਰ ਤੇ ਬਿਖੂ ਸਮਾਨ ॥੨॥ ਭਗਤ ਜਨਾ ਕਾ ਲੂਗਰਾ ਓਢਿ ਨਗਨ ਨ ਹੋਈ॥ ਸਾਕਤ ਸਿਰਪਾਉ ਰੇਸਮੀ ਪਹਿਰਤ ਪਤਿ ਖੋਈ ॥੩॥ ਸਾਕਤ ਸਿਉ ਮੁਖਿ ਜੋਰਿਐ ਅਧ ਵੀਚਹੁ ਟੂਟੈ ॥ ਹਰਿਜਨ ਕੀ ਸੇਵਾ ਜੋ ਕਰੇ ਇਤ ਊਤਹਿ ਛੂਟੈ ॥੪॥ ਸਭ ਕਿਛੁ ਤੁਮ ਹੀ ਤੇ ਹੋਆ ਆਪਿ ਬਣਤ ਬਣਾਈ ॥ ਦਰਸਨੁ ਭੇਟਤ ਸਾਧ ਕਾ ਨਾਨਕ ਗੁਣ ਗਾਈ॥ ੫ ॥ ੧੪ ॥੪੪॥ [ਪੰਨਾ ੮੧੧]

ਪਦ ਅਰਥ :—ਪੀਸੁ—ਪੀਸਣਾ, ਪੀਹਣਾ। ਦਾਸ ਕੈ—ਪ੍ਰਭੂ ਦੇ ਸੇਵਕ ਦੇ ਘਰ ਵਿਚ। ਨਿਹਾਲੁ-ਆਨੰਦ—ਭਰਪੂਰ। ਮਿਲਖ—ਭੁਇੰ (ਦੀ ਮਾਲਕੀ)। ਜਾਲੁ—ਸਾੜ ਦੇ। ੧।

ਛੋਹਰਾ—ਮੁੰਡਾ, ਨੌਕਰ। ਛਤ੍ਰਪਤਿ—ਰਾਜੇ, ਛੱਤ੍ਰ ਦੇ ਮਾਲਕ। ਦਾਨਾ—ਅੰਨ। ਸਰਬ—ਸਾਰੇ। ਨਿਧਾਨ—ਖ਼ਜ਼ਾਨੇ। ਗ੍ਰਿਹਿ—ਘਰ ਵਿਚ। ਸਾਕਤ—ਪ੍ਰਭੂ ਨਾਲੋਂ ਟੁੱਟਾ ਹੋਇਆ ਮਨੁੱਖ। ਗ੍ਰਿਹਿ ਸਾਕਤ—ਸਾਕਤ ਦੇ ਘਰ ਵਿਚ। ਛਤੀਹ ਪ੍ਰਕਾਰ—ਛੱਤੀ ਕਿਸਮਾਂ ਦੇ (ਭੋਜਨ)। ਬਿਖੁ—ਜ਼ਹਿਰ। ਸਮਾਨ—ਬਰਾਬਰ, ਵਰਗੇ।

ਲੂਗਰਾ—ਪਾਟੀ ਹੋਈ ਲੋਈ। ਓਢਿ—ਪਹਿਨ ਕੇ। ਸਿਰਪਾਉ—ਸਿਰੋਪਾ। ਪਤਿ—ਇੱਜ਼ਤ। ਖੋਈ—ਗਵਾ ਲਈ। ੩।

ਸਿਉ—ਨਾਲ। ਮੁਖਿ ਜੋਰਿਐ—ਜੇ ਮੂੰਹ ਜੋੜਿਆ ਜਾਇ, ਜੇ ਮੇਲ-ਜੋਲ ਰੱਖਿਆ ਜਾਏ। ਇਤ ਊਤਹਿ—ਇਤੁ ਹੀ ਉਤੁ ਹੀ, ਇਥੇ ਭੀ ਅਤੇ ਪਰਲੋਕ ਵਿਚ ਭੀ। ੪।

ਤੇ—ਤੋਂ। ਬਣਤ—ਰਚਨਾ। ਦਰਸਨੁ ਭੇਟਤ—ਦਰਸ਼ਨ ਕਰਦਿਆਂ। ਭੇਟਤ—ਪਰਸਿਆਂ। ਸਾਧ—ਗੁਰੂ। ਗਾਈ—ਗਾਈਂ, ਮੈਂ ਗਾਵਾਂ। ੫।

ਅਰਥ :—ਹੇ ਭਾਈ ! ਜੋ ਗੁਰਮੁਖ ਮਨੁੱਖਾਂ ਦਾ ਨੌਕਰ (ਹੋਵੇ,) ਉਸ ਦੇ ਚਰਨੀਂ ਲੱਗਿਆ ਕਰ। (ਹੇ ਭਾਈ !) ਮੈਂ ਤਾਂ (ਜੇਹੜੇ) ਵੱਡੇ ਵੱਡੇ ਧਨਾਢ ਰਾਜੇ (ਹੋਣ) ਉਹਨਾਂ ਦਾ ਸਾਥ ਛੱਡਣ ਨੂੰ ਤਿਆਰ ਹੋਵਾਂਗਾ(ਪਰ ਸੰਤ ਜਨਾਂ ਦੇ ਸੇਵਕ ਦੇ ਚਰਨਾਂ ਵਿਚ ਰਹਿਣਾ ਪਸੰਦ ਕਰਾਂਗਾ)।੧। ਰਹਾਉ।

ਹੇ ਭਾਈ ! ਪ੍ਰਭੂ ਦੇ ਭਗਤ ਦੇ ਘਰ ਵਿਚ ਪਾਣੀ (ਢੋਇਆ ਕਰ),ਪੱਖਾ(ਝੱਲਿਆ ਕਰ), (ਆਟਾ) ਪੀਹਾ ਕਰ, ਤਦੋਂ ਹੀ ਤੂੰ ਆਨੰਦ ਮਾਣੇਂਗਾ। ਦੁਨੀਆ ਦੀਆਂ ਹਕੂਮਤਾਂ, ਜ਼ਿਮੀ ਦੀ ਮਾਲਕੀ, ਸਰਦਾਰੀਆਂ—ਇਹਨਾਂ ਨੂੰ ਅੱਗ ਵਿਚ ਸਾੜ ਦੇ (ਇਹਨਾਂ ਦਾ ਲਾਲਚ ਛੱਡ ਦੇ)।੧।

ਹੇ ਭਾਈ ! ਗੁਰਮੁਖਾਂ ਦੇ ਘਰ ਦੀ ਰੁੱਖੀ ਰੋਟੀ(ਜੇ ਮਿਲੇ ਤਾਂ ਉਸ ਨੂੰ ਦੁਨੀਆ ਦੇ) ਸਾਰੇ ਖ਼ਜ਼ਾਨੇ (ਸਮਝ)। ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੇ ਘਰ ਵਿਚ (ਜੇ) ਕਈ ਕਿਸਮਾਂ ਦੇ ਭੋਜਨ (ਮਿਲਣ, ਤਾਂ) ਉਹ ਜ਼ਹਿਰ ਵਰਗੇ (ਜਾਣ)।੨।

ਹੇ ਭਾਈ! ਪ੍ਰਭੂ ਦੀ ਭਗਤੀ ਕਰਨ ਵਾਲੇ ਮਨੁੱਖਾਂ ਪਾਸੋਂ ਜੇ ਪਾਟਾ ਹੋਇਆ ਭੂਰਾ ਭੀ ਮਿਲ ਜਾਏ, ਤਾਂ ਉਸ ਨੂੰ ਪਹਿਨ ਕੇ ਨੰਗਾ ਹੋਣ ਦਾ ਡਰ ਨਹੀਂ ਰਹਿੰਦਾ। ਪ੍ਰਭੂ ਨਾਲੋਂ ਟੁੱਟੇ ਹੋਏ ਮਨੁੱਖ ਪਾਸੋਂ ਜੇ ਰੇਸ਼ਮੀ ਸਿਰੋਪਾ ਭੀ ਮਿਲੇ, ਉਹ ਪਹਿਨਿਆਂ ਇੱਜ਼ਤ ਗਵਾ ਲਈਦੀ ਹੈ। ੩।

ਹੇ ਭਾਈ ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਨਾਲ ਮੇਲ-ਜੋਲ ਰੱਖਿਆਂ ਉਹ ਮੇਲ-ਜੋਲ (ਤੋੜ ਨਹੀਂ ਨਿਭਦਾ) ਅੱਧ ਵਿਚੋਂ ਹੀ ਟੁੱਟ ਜਾਂਦਾ ਹੈ। ਜੇਹੜਾ ਮਨੁੱਖ ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦਿਆਂ ਦੀ ਸੇਵਾ ਕਰਦਾ ਹੈ ਉਹ ਇਸ ਲੋਕ ਵਿਚ ਭੀ ਤੇ ਪਰਲੋਕ ਵਿਚ ਭੀ (ਝਗੜਿਆਂ ਬਖੇੜਿਆਂ ਤੋਂ) ਬਚਿਆ ਰਹਿੰਦਾ ਹੈ। ੪।

(ਪਰ, ਹੇ ਪ੍ਰਭੂ ! ਜੀਵਾਂ ਦੇ ਕੀਹ ਵੱਸ ? ਜੀਵਾਂ ਦਾ) ਹਰੇਕ ਕੰਮ ਤੇਰੀ ਪ੍ਰੇਰਨਾ ਨਾਲ ਹੀ ਹੁੰਦਾ ਹੈ। ਤੂੰ ਆਪ ਹੀ ਇਹ ਸਾਰੀ ਖੇਡ ਰਚੀ ਹੋਈ ਹੈ। ਹੇ ਨਾਨਕ ! (ਅਰਦਾਸ ਕਰ, ਤੇ ਆਖ—ਤੇ ਪ੍ਰਭੂ ! ਮੇਹਰ ਕਰ) ਮੈਂ ਗੁਰੂ ਦਾ ਦਰਸ਼ਨ ਕਰ ਕੇ(ਗੁਰੂ ਦੀ ਸੰਗਤਿ ਵਿਚ ਰਹਿ ਕੇ ਸਦਾ) ਤੇਰੇ ਗੁਣ ਗਾਂਦਾ ਰਹਾਂ। ੫। ੧੪। ੪੪।

ਬਿਲਾਵਲੁ ਮਹਲਾ ੫।। ਸ੍ਰਵਨੀ ਸੁਨਉ ਹਰਿ ਹਰਿ ਹਰੇ ਠਾਕੁਰ ਜਸੁ ਗਾਵਉ ।। ਸੰਤ ਚਰਣ ਕਰ ਸੀਸੁ ਧਰਿ ਹਰਿਨਾਮੁ ਧਿਆਵਉ ।। ੧ ।। ਕਰਿ ਕਿਰਪਾ ਦਇਆਲ ਪ੍ਰਭ ਇਹ ਨਿਧਿ ਸਿਧਿ ਪਾਵਉ।।ਸੰਤ ਜਨਾ ਕੀ ਰੇਣੁਕਾ ਲੈ ਮਾਥੈ ਲਾਵਉ ।। ੧ ।। ਰਹਾਉ ।। ਨੀਚ ਤੇ ਨੀਚੁ ਅਤਿ ਨੀਚੁ ਹੋਇ ਕਰਿ ਬਿਨਉ ਬੁਲਾਵਉ ।। ਪਾਵ ਮਲੋਵਾ ਆਪੁ ਤਿਆਗਿ ਸੰਤ ਸੰਗਿ ਸਮਾਵਉ ।।੨।। ਸਾਸਿ ਸਾਸਿ ਨਹ ਵੀਸਰੈ ਅਨ ਕਤਹਿ ਨ ਧਾਵਉ ।। ਸਫਲ ਦਰਸਨ ਗੁਰੁ ਭੇਟੀਐ ਮਾਨੁ ਮੋਹੁ ਮਿਟਾਵਉ ।।੩।। ਸਤੁ ਸੰਤੋਖੁ ਦਇਆ ਧਰਮੁ ਸੀਗਾਰੁ ਬਨਾਵਉ ।। ਸਫਲ ਸੁਹਾਗਣਿ ਨਾਨਕਾ ਅਪੁਨੇ ਪ੍ਰਭ ਭਾਵਉ ।।੪।।੧੫।।੪੫।। [ਪੰਨਾ ੮੧੨]

ਪਦ ਅਰਥ :—ਸ੍ਰਵਨੀ—ਕੰਨਾਂ ਨਾਲ। ਸੁਨਉ—ਸੁਨਉਂ, ਮੈਂ ਸੁਣਾਂ। ਜਸੁ—ਸਿਫ਼ਤਿ ਸਲਾਹ। ਗਾਵਉ—ਗਾਵਉਂ, ਮੈਂ ਗਾਵਾਂ। ਕਰ—ਹੱਥ [ਬਹੁ ਵਚਨ]। ਸੀਸੁ—ਸਿਰ। ਧਰਿ—ਧਰ ਕੇ। ੧।

ਕਰਿ—[ਕ੍ਰਿਆ]। ਪ੍ਰਭ—ਹੇ ਪ੍ਰਭੂ ! ਨਿਧਿ—ਨੌ ਖ਼ਜ਼ਾਨੇ। ਸਿਧਿ—ਅਠਾਰਾਂ ਸਿੱਧੀਆਂ। ਪਾਵਉ—ਪਾਵਉਂ। ਰੇਣੁਕਾ—ਚਰਨ-ਧੂੜ। ਮਾਥੈ—ਮੱਥੇ ਉਤੇ। ਲੈ—ਲੈ ਕੇ। ਲਾਵਉ—ਲਾਵਉਂ।੧। ਰਹਾਉ।

ਤੇ—ਤੋਂ। ਨੀਚ ਤੇ ਨੀਚੁ—ਨੀਵੇਂ ਤੋਂ ਨੀਵਾਂ। ਹੋਇ—ਹੋ ਕੇ। ਕਰਿ—ਕਰ ਕੇ। ਬਿਨਉ—ਬੇਨਤੀ। ਪਾਵ—[ਲਫ਼ਜ਼ 'ਪਾਉ' ਤੋਂ ਬਹੁਵਚਨ] ਦੋਵੇਂ ਪੈਰ। ਮਲੋਵਾ—ਮਲੋਵਾਂ, ਮੈਂ ਮਲਾਂ, ਮੈਂ ਘੁੱਟਾਂ। ਆਪੁ—ਆਪਾ-ਭਾਵ। ਤਿਆਗਿ—ਤਿਆਗ ਕੇ। ਸੰਗਿ—ਸੰਗਤਿ ਵਿਚ। ਸਮਾਵਉ—ਸਮਾਵਉਂ। ੨।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਅਨ—[अन्य] ਹੋਰ। ਅਨ ਕਤਹਿ—ਕਿਸੇ ਭੀ ਹੋਰ ਥਾਂ। ਧਾਵਉ—ਧਾਵਉਂ, ਮੈਂ ਦੌੜਾਂ, ਮੈਂ ਭਟਕਾਂ। ਸਫਲ—ਕਾਮਯਾਬ। ਸਫਲ ਦਰਸਨ—ਜਿਸ ਦਾ ਦਰਸ਼ਨ ਜੀਵਨ ਨੂੰ ਕਾਮਯਾਬ ਬਣਾਂਦਾ ਹੈ। ਭੇਟੀਐ—ਮਿਲ ਪਏ। ਮਿਟਾਵਉ—ਮਿਟਾਵਉਂ। ੩।

ਬਨਾਵਉ—ਬਨਾਉਂ, ਮੈਂ ਬਣਾ ਲਵਾਂ। ਪ੍ਰਭ ਭਾਵਉ—ਪ੍ਰਭ ਭਾਵਉਂ, ਮੈਂ ਪ੍ਰਭੂ

ਨੂੰ ਚੰਗਾ ਲੱਗਾਂ । ੪ ।

ਅਰਥ :–ਹੇ ਦਇਆ ਦੇ ਸੋਮੇ ਪ੍ਰਭੂ! ਮੇਹਰ ਕਰ, ਮੈਂ ਤੇਰੇ ਸੰਤ ਜਨਾਂ ਦੀ ਚਰਨ-ਧੂੜ ਲੈ ਕੇ ਆਪਣੇ ਮੱਥੇ ਉਥੇ (ਸਦਾ) ਲਾਂਦਾ ਰਹਾਂ । (ਮੈਂ ਤੇਰੇ ਦਰ ਤੋਂ) ਇਹ (ਦਾਤਿ) ਹਾਸਲ ਕਰ ਲਵਾਂ, (ਇਹੀ ਮੇਰੇ ਵਾਸਤੇ ਦੁਨੀਆਂ ਦੇ) ਨੌ ਖ਼ਜ਼ਾਨੇ (ਹੈ, ਇਹੀ ਮੇਰੇ ਵਾਸਤੇ ਅਠਾਰਾਂ) ਸਿੱਧੀਆਂ (ਹੈ) । ੧ । ਰਹਾਉ ।

(ਹੇ ਪ੍ਰਭੂ ! ਮੇਹਰ ਕਰ) ਮੈਂ ਆਪਣੇ ਕੰਨਾਂ ਨਾਲ ਸਦਾ (ਤੇਂ) ਹਰੀ ਦਾ ਨਾਮ ਸੁਣਦਾ ਰਹਾਂ, (ਤੇਂ) ਠਾਕੁਰ ਦੀ ਸਿਫ਼ਤਿ ਸਾਲਾਹ ਗਾਂਦਾ ਰਹਾਂ । ਸੰਤਾਂ ਦੇ ਚਰਨਾਂ ਉਤੇ ਮੈਂ ਆਪਣੇ ਦੋਵੇਂ ਹੱਥ ਤੇ ਆਪਣਾ ਸਿਰ ਰੱਖ ਕੇ (ਤੇਂ) ਹਰੀ ਦਾ ਨਾਮ ਸਿਮਰਦਾ ਰਹਾਂ । ੧ ।

(ਹੇ ਪ੍ਰਭੂ ! ਮੇਹਰ ਕਰ) ਮੈਂ ਨੀਵੇਂ ਤੋਂ ਨੀਵਾਂ ਹੋ ਕੇ ਬਹੁਤ ਨੀਵਾਂ ਹੋ ਕੇ (ਸੰਤਾਂ ਅੱਗੇ) ਬੇਨਤੀ ਕਰ ਕੇ ਉਹਨਾਂ ਨੂੰ ਬੁਲਾਂਦਾ ਰਹਾਂ, ਮੈਂ ਆਪਾ-ਭਾਵ ਛੱਡ ਕੇ ਸੰਤਾਂ ਦੇ ਪੈਰ ਘੁੱਟਿਆ ਕਰਾਂ ਅਤੇ ਸੰਤਾਂ ਦੀ ਸੰਗਤਿ ਵਿਚ ਟਿਕਿਆ ਰਹਾਂ ।੨ ।

(ਹੇ ਪ੍ਰਭੂ ! ਮੇਹਰ ਕਰ) ਮੈਨੂੰ ਮੇਰੇ ਹਰੇਕ ਸਾਹ ਦੇ ਨਾਲ ਕਦੇ ਤੇਰਾ ਨਾਮ ਨਾਹ ਭੁੱਲੇ (ਗੁਰੂ ਦਾ ਦਰ ਛੱਡ ਕੇ) ਮੈਂ ਹੋਰ ਕਿਸੇ ਪਾਸੇ ਨਾਂਹ ਭਟਕਦਾ ਫਿਰਾਂ । (ਹੇ ਪ੍ਰਭੂ ! ਜੇ ਤੇਰੀ ਮਿਹਰ ਹੋਵੇ ਤਾਂ) ਮੈਨੂੰ ਉਹ ਗੁਰੂ ਮਿਲ ਪਏ, ਜਿਸ ਦਾ ਦਰਸ਼ਨ ਜੀਵਨ ਨੂੰ ਕਾਮਯਾਬ ਕਰ ਦੇਂਦਾ ਹੈ, (ਗੁਰੂ ਦੇ ਦਰ ਤੇ ਟਿਕ ਕੇ) ਮੈਂ (ਆਪਣੇ ਅੰਦਰੋਂ) ਅਹੰਕਾਰ ਦੂਰ ਕਰਾਂ, ਮੋਹ ਮਿਟਾਵਾਂ । ੩ ।

(ਹੇ ਪ੍ਰਭੂ ! ਮੇਹਰ ਕਰ) ਮੈਂ ਸਤ ਨੂੰ, ਸੰਤੋਖ ਨੂੰ, ਦਇਆ ਨੂੰ, ਧਰਮ ਨੂੰ,(ਆਪਣੇ ਆਤਮਕ ਜੀਵਨ ਦੀ) ਸਜਾਵਟ ਬਣਾਈ ਰੱਖਾਂ । ਹੇ ਨਾਨਕ (ਆਖ–ਜਿਵੇਂ) ਸੋਹਾਗਣ ਇਸਤ੍ਰੀ (ਆਪਣੇ ਪਤੀ ਨੂੰ ਪਿਆਰੀ ਲੱਗਦੀ ਹੈ, ਤਿਵੇਂ, ਜੇ ਉਸ ਦੀ ਮੇਹਰ ਹੋਵੇ, ਤਾਂ) ਕਾਮਯਾਬ ਜੀਵਨ ਵਾਲਾ ਬਣ ਕੇ ਆਪਣੇ ਪ੍ਰਭੂ ਨੂੰ ਪਿਆਰਾ ਲੱਗ ਸਕਦਾ ਹਾਂ । ੪ । ।੧੫।੪੫।

ਬਿਲਾਵਲੁ ਮਹਲਾ ੫ ।। ਅਟਲ ਬਚਨ ਸਾਧੂ ਜਨਾ ਸਭ ਮਹਿ ਪ੍ਰਗਟਾਇਆ ।। ਜਿਸੁ ਜਨ ਹੋਆ ਸਾਧ ਸੰਗੁ ਤਿਸੁ ਭੇਟੈ ਹਰਿ ਰਾਇਆ ।। ੧ ।। ਇਹ ਪਰਤੀਤਿ ਗੋਵਿੰਦ ਕੀ ਜਪਿ ਹਰਿ ਸੁਖੁ ਪਾਇਆ ॥ ਅਨਿਕ ਬਾਤਾ ਸਭਿ ਕਰਿ ਰਹੇ ਗੁਰੁ ਘਰਿ ਲੈ ਆਇਆ ॥ ੧ ॥ਰਹਾਉ ।। ਸਰਣਿ ਪਰੇ ਕੀ ਰਾਖਤਾ ਨਾਹੀ ਸਹਸਾਇਆ ।। ਕਰਮ ਭੂਮਿ ਹਰਿਨਾਮੁ ਬੋਇ ਅਉਸਰੁ ਦੁਲਭਾਇਆ॥੨॥ਅੰਤਰਜਾਮੀ ਆਪਿ ਪ੍ਰਭੁ ਸਭ ਕਰੇ ਕਰਾਇਆ॥

ਪਤਿਤ ਪੁਨੀਤ ਘਣੇ ਕਰੇ ਠਾਕੁਰ ਬਿਰਦਾਇਆ॥੩॥ਮਤ ਭੂਲਹੁ ਮਾਨੁਖ ਜਨ ਮਾਇਆ ਭਰਮਾਇਆ ॥ ਨਾਨਕ ਤਿਸੁ ਪਤਿ ਰਾਖਸੀ ਜੋ ਪ੍ਰਭਿ ਪਹਿਰਾਇਆ ॥੪॥੧੬॥੪੬॥ [ਪੰਨਾ ੮੧੨]

ਪਦ ਅਰਥ :–ਅਟਲ–ਕਦੇ ਨਾਂਹ ਟਲਣ ਵਾਲੇ। ਸਾਧੂ ਬਚਨ–ਗੁਰੂ ਦੇ ਬਚਨ। ਜਨਾ–ਹੇ ਭਾਈ !ਸਭ ਮਹਿ–ਸਾਰੀ ਸ੍ਰਿਸ਼ਟੀ ਵਿਚ । ਪ੍ਰਗਟਾਇਆ–ਪਰਗਟ ਕਰ ਦਿੱਤਾ ਹੈ। ਸਾਧ ਸੰਗੁ–ਗੁਰੂ ਦਾ ਸੰਗ । ਤਿਸੁ–ਉਸ (ਮਨੁੱਖ) ਨੂੰ । ਭੇਟੈ–ਮਿਲ ਪੈਂਦਾ ਹੈ।੧।

ਪਰਤੀਤਿ–ਯਕੀਨ, ਨਿਸ਼ਚਾ । ਜਪਿ–ਜਪ ਕੇ । ਸਭਿ–ਸਾਰੇ ਜੀਵ । ਘਰਿ–ਘਰ ਵਿਚ, ਪ੍ਰਭੂ-ਚਰਨਾਂ ਵਿਚ । ੧ । ਰਹਾਉ ।

ਸਹਸਾਇਆ–ਸਹਸਾ, ਸ਼ੱਕ । ਕਰਮ ਭੂਮਿ–ਕਰਮ (ਬੀਜਣ ਵਾਸਤੇ) ਧਰਤੀ, ਮਨੁੱਖਾ ਜਨਮ, ਮਨੁੱਖਾ ਸਰੀਰ । ਬੋਇ–ਬੀਜੋ । ਅਉਸਰੁ–ਮੌਕਾ, ਸਮਾ, ਮਨੁੱਖਾ ਜਨਮ ਦਾ ਸਮਾ । ਦੁਲਭਾਇਆ–ਮੁਸ਼ਕਿਲ ਨਾਲ ਮਿਲਣ ਵਾਲਾ । ੨ ।

ਅੰਤਰਜਾਮੀ–ਹਰੇਕ ਦੇ ਦਿਲ ਦੀ ਜਾਣਨ ਵਾਲਾ । ਪਤਿਤ–ਵਿਕਾਰੀ, (ਪਾਪਾਂ ਵਿਚ) ਡਿੱਗੇ ਹੋਏ । ਪੁਨੀਤ–ਪਵਿੱਤਰ ।ਘਣੇ–ਅਨੇਕਾਂ,ਬਹੁਤ । ਬਿਰਦਾਇਆ–ਬਿਰਦਾ, ਮੁੱਢ-ਕਦੀਮਾਂ ਦਾ ਸੁਭਾਉ । ੩ ।

ਮਾਨੁਖ ਜਨ–ਹੇ ਮਨੁੱਖੋ ! ਮਾਇਆ ਭਰਮਾਇਆ–ਮਾਇਆ ਦੀ ਭਟਕਣਾ ਵਿਚ, ਪੈ ਕੇ । ਪਤਿ–ਇੱਜ਼ਤ । ਪ੍ਰਭਿ–ਪ੍ਰਭੂ ਨੇ । ਪਹਿਰਾਇਆ–ਪਹਿਨਾਇਆ, ਸਿਰੋਪਾ ਦਿੱਤਾ, ਵਡਿਆਈ ਦਿੱਤੀ । ੪ ।

ਅਰਥ :–ਹੇ ਭਾਈ ! ਸਾਰੇ ਜੀਵ (ਹੋਰ ਹੋਰ) ਅਨੇਕਾਂ ਗੱਲਾਂ ਕਰ ਕੇ ਥੱਕ ਜਾਂਦੇ ਹਨ (ਹੋਰ ਹੋਰ ਗੱਲਾਂ ਸਫਲ ਨਹੀਂ ਹੁੰਦੀਆਂ), ਗੁਰੂ (ਹੀ) ਪ੍ਰਭੂ-ਚਰਨਾਂ ਵਿਚ (ਜੀਵ ਨੂੰ) ਲਿਆ ਜੋੜਦਾ ਹੈ । (ਗੁਰੂ ਹੀ) ਪਰਮਾਤਮਾ ਬਾਰੇ ਇਹ ਨਿਸ਼ਚਾ (ਜੀਵ ਦੇ ਅੰਦਰ ਪੈਦਾ ਕਰਦਾ ਹੈ ਕਿ) ਪਰਮਾਤਮਾ ਦਾ ਨਾਮ ਜਪ ਕੇ (ਮਨੁੱਖ) ਆਤਮਕ ਆਨੰਦ ਪ੍ਰਾਪਤ ਕਰਦਾ ਹੈ । ੧ । ਰਹਾਉ ।

ਹੇ ਭਾਈ ! ਗੁਰੂ ਦੇ ਬਚਨ ਕਦੇ ਟਲਣ ਵਾਲੇ ਨਹੀਂ ਹਨ । ਗੁਰੂ ਨੇ ਸਾਰੇ ਜਗਤ ਵਿਚ ਇਹ ਗੱਲ ਪਰਗਟ ਸੁਣਾ ਦਿੱਤੀ ਹੈ ਕਿ ਜਿਸ ਮਨੁੱਖ ਨੂੰ ਗੁਰੂ ਦਾ ਸੰਗ ਪ੍ਰਾਪਤ ਹੁੰਦਾ ਹੈ, ਉਸ ਨੂੰ ਪ੍ਰਭੂ ਪਾਤਿਸ਼ਾਹ ਮਿਲ ਪੈਂਦਾ ਹੈ । ੧ । ਰਹਾਉ ।

(ਹੇ ਭਾਈ ! ਗੁਰੂ ਦੱਸਦਾ ਹੈ ਕਿ)ਪਰਮਾਤਮਾ ਉਸ ਮਨੁੱਖ ਦੀ ਇੱਜ਼ਤ ਰੱਖ ਲੈਂਦਾ ਹੈ ਜੋ ਉਸ ਦੀ ਸਰਨ ਆ ਪੈਂਦਾ ਹੈ–ਇਸ ਵਿਚ ਰਤਾ ਭੀ ਸ਼ੱਕ ਨਹੀਂ । (ਇਸ ਵਾਸਤੇ, ਹੇ ਭਾਈ !)ਇਸ ਮਨੁੱਖਾ ਸਰੀਰ ਵਿਚ ਪਰਮਾਤਮਾ ਦਾ ਨਾਮ ਬੀਜੋ । ਇਹ ਮੌਕਾ ਬੜੀ ਮੁਸ਼ਕਿਲ ਨਾਲ ਮਿਲਦਾ ਹੈ । ੨ ।

(ਹੇ ਭਾਈ!ਗੁਰੂ ਦੱਸਦਾ ਹੈ ਕਿ)ਪਰਮਾਤਮਾ ਆਪ ਹੀ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ। ਸਾਰੀ ਸ੍ਰਿਸ਼ਟੀ ਉਵੇਂ ਹੀ ਕਰਦੀ ਹੈ ਜਿਵੇਂ ਪਰਮਾਤਮਾ ਪ੍ਰੇਰਦਾ ਹੈ। (ਸਰਨ ਪਏ) ਅਨੇਕਾਂ ਹੀ ਵਿਕਾਰੀਆਂ ਨੂੰ ਪਰਮਾਤਮਾ ਪਵਿੱਤਰ ਜੀਵਨ ਵਾਲਾ ਬਣਾ ਦੇਂਦਾ ਹੈ-ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ। ੩।

ਹੇ ਨਾਨਕ ! (ਆਖ-) ਹੇ ਮਨੁੱਖੋ ! ਮਾਇਆ ਦੀ ਭਟਕਣਾ ਵਿਚ ਪੈ ਕੇ ਇਹ ਗੱਲ ਭੁੱਲ ਨਾਂਹ ਜਾਣੀ ਕਿ ਜਿਸ ਮਨੁੱਖ ਨੂੰ ਪ੍ਰਭੂ ਨੇ ਆਪ ਵਡਿਆਈ ਬਖ਼ਸ਼ੀ, ਉਸ ਦੀ ਉਹ ਇੱਜ਼ਤ ਜ਼ਰੂਰ ਰੱਖ ਲੈਂਦਾ ਹੈ। ੪। ੧੬। ੪੬।

ਬਿਲਾਵਲੁ ਮਹਲਾ ੫ ॥ ਮਾਟੀ ਤੇ ਜਿਨਿ ਸਾਜਿਆ ਕਰਿ ਦੁਰਲਭ ਦੇਹ ॥ ਅਨਿਕ ਛਿਦ੍ਰ ਮਨ ਮਹਿ ਢਕੇ ਨਿਰਮਲ ਦ੍ਰਿਸਟੇਹ ॥੧॥ ਕਿਉ ਬਿਸਰੈ ਪ੍ਰਭੁ ਮਨੈ ਤੇ ਜਿਸ ਕੇ ਗੁਣ ਏਹ ॥ਪ੍ਰਭ ਤਜਿ ਰਚੇ ਜਿ ਆਨ ਸਿਉ ਸੋ ਰਲੀਐ ਖੇਹ ॥ ੧ ॥ ਰਹਾਉ ॥ ਸਿਮਰਹੁ ਸਿਮਰਹੁ ਸਾਸਿ ਸਾਸਿ ਮਤ ਬਿਲਮ ਕਰੇਹ ॥ ਛੋਡਿ ਪ੍ਰਪੰਚੁ ਪ੍ਰਭ ਸਿਉ ਰਚਹੁ ਤਜਿ ਕੂੜੇ ਨੇਹ ॥੨॥ ਜਿਨਿ ਅਨਿਕ ਏਕ ਬਹੁ ਰੰਗ ਕੀਏ ਹੈ ਹੋਸੀ ਏਹ ॥ ਕਰਿ ਸੇਵਾ ਤਿਸੁ ਪਾਰਬ੍ਰਹਮ ਗੁਰ ਤੇ ਮਤਿ ਲੇਹ ॥ ੩ ॥ ਊਚੇ ਤੇ ਊਚਾ ਵਡਾ ਸਭ ਸੰਗਿ ਬਰਨੇਹ ॥ ਦਾਸ ਦਾਸ ਕੋ ਦਾਸਰਾ ਨਾਨਕ ਕਰਿ ਲੇਹ ॥ ੪ ॥ ੧੭॥੪੭॥

[ਪੰਨਾ ੮੧੨]

ਪਦ ਅਰਥ :—ਤੇ—ਤੋਂ। ਜਿਨਿ—ਜਿਸ (ਪਰਮਾਤਮਾ) ਨੇ। ਸਾਜਿਆ—ਬਣਾਇਆ। ਦੇਹ—ਸਰੀਰ। ਛਿਦ੍ਰ—ਐਬ। ਦ੍ਰਿਸਟੇਹ—ਵੇਖਣ ਨੂੰ। ੧।

ਮਨੈ ਤੇ—ਮਨ ਤੋਂ। ਜਿਸ ਕੇ—[ਲਫ਼ਜ਼ 'ਜਿਸੁ' ਦਾ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ]। ਜਿ—ਜੇਹੜਾ ਮਨੁੱਖ। ਤਜਿ—ਛੱਡ ਕੇ। ਆਨ ਸਿਉ—[अन्य] ਹੋਰ ਨਾਲ। ਖੇਹ—ਮਿੱਟੀ। ੧। ਰਹਾਉ।

ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਬਿਲਮ—ਦੇਰ, ਢਿੱਲ। ਮਤ ਕਰੇਹ—ਮਤਾਂ ਕਰੋ, ਨਾਂਹ ਕਰਨੀ। ਪ੍ਰਪੰਚੁ—[प्रपंच]ਇਹ ਦਿੱਸਦਾ ਜਗਤ। ਕੂੜੇ—ਝੂਠੇ, ਨਾਸਵੰਤ।੨।

ਹੋਸੀ—ਕਾਇਮ ਰਹੇਗਾ। ਸੇਵਾ—ਭਗਤੀ। ਤੇ—ਤੋਂ। ਮਤਿ—ਅਕਲ, ਸਿੱਖਿਆ।੩।

ਸਭ ਸੰਗਿ—ਸਾਰੀ ਸ੍ਰਿਸ਼ਟੀ ਦੇ ਨਾਲ। ਬਰਨੇਹ—ਬਿਆਨ ਕੀਤਾ ਜਾਂਦਾ ਹੈ।ਕੋ—ਦਾ। ਦਾਸਰਾ—ਨਿੱਕਾ ਜਿਹਾ ਦਾਸ। ਕਰਿ ਲੇਹ—ਬਣਾ ਲੈ। ੪।

ਅਰਥ :—ਹੇ ਭਾਈ ! ਜਿਸ ਪਰਮਾਤਮਾ ਨੇ (ਜੀਵ ਦਾ) ਦੁਰਲੱਭ ਮਨੁੱਖਾ ਸਰੀਰ ਬਣਾ ਕੇ ਮਿੱਟੀ ਤੋਂ ਇਸ ਨੂੰ ਪੈਦਾ ਕਰ ਦਿੱਤਾ, ਉਸ ਨੇ ਹੀ ਜੀਵ ਦੇ ਅਨੇਕਾਂ ਹੀ ਐਬ ਉਸ ਦੇ ਮਨ ਵਿਚ ਲੁਕਾ ਰੱਖੇ ਹਨ, ਜੀਵ ਦਾ ਸਰੀਰ ਫਿਰ ਭੀ ਸਾਫ਼-ਸੁਥਰਾ ਦਿੱਸਦਾ

ਹੈ।੧।

ਹੇ ਭਾਈ ! ਜਿਸ (ਪਰਮਾਤਮਾ) ਦੇ ਇਹ (ਅਨੇਕਾਂ) ਗੁਣ ਹਨ, ਉਹ ਸਾਡੇ ਮਨ ਤੋਂ ਕਦੇ ਭੀ ਭੁੱਲਣਾ ਨਹੀਂ ਚਾਹੀਦਾ। ਜੇਹੜਾ ਮਨੁੱਖ ਪ੍ਰਭੂ (ਦੀ ਯਾਦ) ਛੱਡ ਕੇ ਹੋਰ ਹੋਰ ਪਦਾਰਥਾਂ ਨਾਲ ਮੋਹ ਬਣਾਂਦਾ ਹੈ, ਉਹ ਮਿੱਟੀ ਵਿਚ ਰਲ ਜਾਂਦਾ ਹੈ (ਉਸ ਦਾ ਜੀਵਨ ਵਿਅਰਥ ਚਲਾ ਜਾਂਦਾ ਹੈ)।੧। ਰਹਾਉ।

ਹੇ ਭਾਈ ! ਹਰੇਕ ਸਾਹ ਦੇ ਨਾਲ ਹਰ ਵੇਲੇ ਉਸ ਪਰਮਾਤਮਾ ਨੂੰ ਯਾਦ ਕਰਦੇ ਰਹੋ। ਵੇਖਣਾ, ਰਤਾ ਭੀ ਢਿੱਲ ਨਾਂਹ ਕਰਨੀ। ਹੇ ਭਾਈ ! ਦੁਨੀਆ ਦੇ ਨਾਸਵੰਤ ਪਦਾ-ਰਥਾਂ ਦਾ ਪਿਆਰ ਤਿਆਗ ਕੇ, ਦਿੱਸਦੇ ਜਗਤ ਦਾ ਮੋਹ ਛੱਡ ਕੇ, ਪਰਮਾਤਮਾ ਨਾਲ ਪਿਆਰ ਬਣਾਈ ਰੱਖੋ।੨।

ਹੇ ਭਾਈ ! ਜਿਸ ਇੱਕ ਪਰਮਾਤਮਾ ਨੇ (ਆਪਣੇ ਆਪ ਤੋਂ ਜਗਤ ਦੇ) ਇਹ ਅਨੇਕਾਂ ਬਹੁਤ ਰੰਗ ਬਣਾ ਦਿੱਤੇ ਹਨ, ਉਹ ਹੁਣ ਭੀ (ਹਰ ਥਾਂ) ਮੌਜੂਦ ਹੈ, ਅਗਾਂਹ ਨੂੰ ਭੀ (ਸਦਾ) ਕਾਇਮ ਰਹੇਗਾ। ਗੁਰੂ ਤੋਂ ਸਿੱਖਿਆ ਲੈ ਕੇ ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ।੩।

ਹੇ ਭਾਈ ! ਉਹ ਪ੍ਰਭੂ (ਜਗਤ ਦੀਆਂ) ਉੱਚੀਆਂ ਤੋਂ ਉੱਚੀਆਂ ਹਸਤੀਆਂ ਨਾਲੋਂ ਭੀ ਉੱਚਾ ਹੈ, ਵਡਿਆਂ ਤੋਂ ਭੀ ਵਡਾ ਹੈ, ਉਂਵ ਉਹ ਸਾਰੇ ਜੀਵਾਂ ਦੇ ਨਾਲ (ਵੱਸਦਾ ਭੀ) ਦੱਸਿਆ ਜਾਂਦਾ ਹੈ।

ਹੇ ਨਾਨਕ ! (ਉਸ ਪ੍ਰਭੂ ਦੇ ਦਰ ਤੇ ਅਰਦਾਸ ਕਰ, ਤੇ ਆਖ—ਹੇ ਪ੍ਰਭੂ !) ਮੈਨੂੰ ਆਪਣੇ ਦਾਸਾਂ ਦੇ ਦਾਸਾਂ ਦਾ ਛੋਟਾ ਜਿਹਾ ਦਾਸ ਬਣਾ ਲੈ।੪।੧੭।੪੭।

ਬਿਲਾਵਲੁ ਮਹਲਾ ੫ ॥ ਏਕ ਟੇਕ ਗੋਵਿੰਦ ਕੀ ਤਿਆਗੀ ਅਨ ਆਸ ॥ ਸਭ ਊਪਰਿ ਸਮਰਥ ਪ੍ਰਭ ਪੂਰਨ ਗੁਣਤਾਸ ॥ ੧ ॥ ਜਨ ਕਾ ਨਾਮੁ ਅਧਾਰ ਹੈ ਪ੍ਰਭ ਸਰਣੀ ਪਾਹਿ ॥ ਪਰਮੇਸਰ ਕਾ ਆਸਰਾ ਸੰਤਨ ਮਨ ਮਾਹਿ ॥ ੧ ॥ ਰਹਾਉ ॥ ਆਪਿ ਰਖੈ ਆਪਿ ਦੇਵਸੀ ਆਪੇ ਪ੍ਰਤਿਪਾਰੈ ॥ ਦੀਨ ਦਇਆਲ ਕ੍ਰਿਪਾਨਿਧੇ ਸਾਸਿ ਸਾਸਿ ਸਮ੍ਹਾਰੈ ॥ ੨ ॥ ਕਰਣਹਾਰੁ ਜੋ ਕਰਿ ਰਹਿਆ ਸਾਈ ਵਡਿਆਈ ॥ਗੁਰਿ ਪੂਰੈ ਉਪਦੇਸਿਆ ਸੁਖੁ ਖਸਮ ਰਜਾਈ॥ ੩ ॥ ਚਿੰਤ ਅੰਦੇਸਾ ਗਣਤ ਤਜਿ ਜਨਿ ਹੁਕਮੁ ਪਛਾਤਾ ॥ ਨਹ ਬਿਨਸੈ ਨਹ ਛੋਡਿ ਜਾਇ ਨਾਨਕ ਰੰਗਿ ਰਾਤਾ ॥੪॥੧੮॥੪੮॥ [ਪੰਨਾ ੮੧੨]

ਪਦ ਅਰਥ :—ਟੇਕ—ਓਟ। ਅਨ—[अन्य] ਹੋਰ। ਸਮਰਥ—ਤਾਕਤ ਰੱਖਣ ਵਾਲਾ। ਗੁਣ ਤਾਸ—ਗੁਣਾਂ ਦਾ ਖ਼ਜ਼ਾਨਾ।੧।

ਜਨ—ਦਾਸ, ਸੇਵਕ। ਅਧਾਰੁ—ਆਸਰਾ। ਪਾਹਿ—(ਦਾਸ) ਪੈਂਦੇ ਹਨ। ਮਾਹਿ—ਵਿਚ। ੧। ਰਹਾਉ।

ਆਪਿ—ਪ੍ਰਭੂ ਆਪ। ਪ੍ਰਤਿਪਾਰੈ—ਪਾਲਦਾ ਹੈ। ਕ੍ਰਿਪਾ ਨਿਧੇ—ਕਿਰਪਾ ਦਾ ਖ਼ਜ਼ਾਨਾ। ਸਾਸਿ ਸਾਸਿ—(ਜੀਵ ਦੇ) ਹਰੇਕ ਸਾਹ ਦੇ ਨਾਲ। ਸਮ੍ਹਾਰੈ—ਸੰਭਾਲ ਕਰਦਾ ਹੈ। ੨।

ਕਰਣਹਾਰੁ—ਸਭ ਕੁਝ ਕਰ ਸਕਣ ਵਾਲਾ। ਸਾਈ—ਉਹੀ। ਗੁਰਿ ਪੂਰੈ—ਪੂਰੇ ਗੁਰੂ ਨੇ। ਰਜਾਈ—ਰਜ਼ਾਈ, ਰਜ਼ਾ ਵਿਚ (ਰਿਹਾਂ)। ੩।

ਤਜਿ—ਛੱਡ ਕੇ। ਜਨਿ—ਦਾਸ ਨੇ। ਰੰਗਿ—ਰੰਗ ਵਿਚ, ਪਿਆਰ ਵਿਚ।੪।

ਅਰਥ :—ਹੇ ਭਾਈ! ਪਰਮਾਤਮਾ ਦੇ ਸੇਵਕਾਂ (ਦੀ ਜ਼ਿੰਦਗੀ) ਦਾ ਆਸਰਾ ਪਰਮਾਤਮਾ ਦਾ ਨਾਮ (ਹੀ ਹੁੰਦਾ) ਹੈ, ਸੇਵਕ ਸਦਾ ਪਰਮਾਤਮਾ ਦੀ ਸਰਨ ਪਏ ਰਹਿੰਦੇ ਹਨ, ਸੇਵਕਾਂ ਦੇ ਮਨ ਵਿਚ ਸਦਾ ਪਰਮਾਤਮਾ (ਦੇ ਨਾਮ) ਦਾ ਹੀ ਸਹਾਰਾ ਹੁੰਦਾ ਹੈ। ੧। ਰਹਾਉ।

ਹੇ ਭਾਈ! ਪ੍ਰਭੂ ਦੇ ਭਗਤ ਇਕ ਪ੍ਰਭੂ ਦੀ ਹੀ ਓਟ ਲੈਂਦੇ ਹਨ, ਹੋਰ (ਆਸਰਿਆਂ ਦੀ) ਆਸ ਛੱਡ ਦੇਂਦੇ ਹਨ। (ਉਹਨਾਂ ਨੂੰ ਨਿਸ਼ਚਾ ਰਹਿੰਦਾ ਹੈ ਕਿ) ਪ੍ਰਭੂ ਸਭ ਜੀਵਾਂ ਉਤੇ ਤਾਕਤ ਰੱਖਣ ਵਾਲਾ ਹੈ, ਸਭ ਤਾਕਤਾਂ ਨਾਲ ਭਰਪੂਰ ਹੈ, ਸਭ ਗੁਣਾਂ ਦਾ ਖ਼ਜ਼ਾਨਾ ਹੈ। ੧।

(ਹੇ ਭਾਈ! ਸੰਤ ਜਨਾਂ ਨੂੰ ਯਕੀਨ ਹੈ ਕਿ) ਪਰਮਾਤਮਾ ਆਪ ਹਰੇਕ ਜੀਵ ਦੀ ਰੱਖਿਆ ਕਰਦਾ ਹੈ, ਆਪ ਹਰੇਕ ਦਾਤਿ ਦੇਂਦਾ ਹੈ, ਆਪ ਹੀ (ਹਰੇਕ ਦੀ) ਪਾਲਣਾ ਕਰਦਾ ਹੈ, ਪ੍ਰਭੂ ਦੀਨਾਂ ਉਤੇ ਦਇਆ ਕਰਨ ਵਾਲਾ ਹੈ, ਕਿਰਪਾ ਦਾ ਸੋਮਾ ਹੈ, ਤੇ, (ਹਰੇਕ ਜੀਵ ਦੇ)ਹਰੇਕ ਸਾਹ ਨਾਲ ਸੰਭਾਲ ਕਰਦਾ ਹੈ। ੨।

ਹੇ ਭਾਈ! ਜਿਸ ਮਨੁੱਖ ਨੂੰ ਪੂਰੇ ਗੁਰੂ ਨੇ (ਸਹੀ ਜੀਵਨ ਦੀ) ਸਿੱਖਿਆ ਦਿੱਤੀ (ਉਸ ਨੂੰ ਯਕੀਨ ਬਣ ਗਿਆ ਕਿ) ਮਾਲਕ-ਪ੍ਰਭੂ ਦੀ ਰਜ਼ਾ ਵਿਚ ਰਿਹਾਂ ਹੀ ਸੁਖ ਮਿਲਦਾ ਹੈ, ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਜੋ ਕੁਝ ਕਰ ਰਿਹਾ ਹੈ ਉਹੀ ਜੀਵਾਂ ਦੀ ਭਲਾਈ ਵਾਸਤੇ ਹੈ। ੩।

ਹੇ ਨਾਨਕ! ਪਰਮਾਤਮਾ ਦੇ ਦਾਸ ਨੇ (ਦੁਨੀਆ ਵਾਲੇ) ਚਿੰਤਾ ਫ਼ਿਕਰ ਝੋਰੇ ਛੱਡ ਕੇ ਸਦਾ ਪਰਮਾਤਮਾ ਦੇ ਹੁਕਮ ਨੂੰ (ਹੀ ਆਪਣੇ ਭਲੇ ਵਾਸਤੇ) ਪਛਾਣਿਆ ਹੈ। ਪ੍ਰਭੂ ਦਾ ਦਾਸ ਸਦਾ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ (ਉਸ ਨੂੰ ਯਕੀਨ ਹੈ ਕਿ) ਪ੍ਰਭੂ ਕਦੇ ਮਰਦਾ ਨਹੀਂ, ਅਤੇ ਨਾਂਹ ਹੀ ਆਪਣੇ ਸੇਵਕ ਦਾ ਸਾਥ ਛੱਡਦਾ ਹੈ। ੪। ੧੯। ੪੯।

ਬਿਲਾਵਲੁ ਮਹਲਾ ੫॥ ਮਹਾ ਤਪਤਿ ਤੇ ਭਈ ਸਾਂਤਿ ਪਰਸਤ ਪਾਪ ਨਾਠੇ ॥ ਅੰਧ ਕੂਪ ਮਹਿ ਗਲਤ ਥੇ ਕਾਢੇ ਦੇ ਹਾਥੇ ।। ੧ ।। ਓਇ ਹਮਾਰੇ ਸਾਜਨਾ ਹਮ ਉਨ ਕੀ ਰੇਨ ।। ਜਿਨ ਭੇਟਤ ਹੋਵਤ ਸੁਖੀ ਜੀਅ ਦਾਨੁ ਦੇਨ॥ ੧ ॥ ਰਹਾਉ ।। ਪਰਾ ਪੂਰਬਲਾ ਲੀਖਿਆ ਮਿਲਿਆ ਅਬ ਆਇ ।। ਬਸਤ ਸੰਗਿ ਹਰਿ ਸਾਧ ਕੈ ਪੂਰਨ ਆਸਾਇ ॥ ੨ ॥ ਭੈ ਬਿਨਸੇ ਤਿਹੁ ਲੋਕ ਕੇ ਪਾਏ ਸੁਖ ਥਾਨ ॥ ਦਇਆ ਕਰੀ ਸਮਰਥ ਗੁਰਿ ਬਸਿਆ ਮਨਿ ਨਾਮ॥ ੩ ।।ਨਾਨਕ ਕੀ ਤੂ ਟੇਕ ਪ੍ਰਭ ਤੇਰਾ ਆਧਾਰ ॥ ਕਰਣ ਕਾਰਣ ਸਮਰਥ ਪ੍ਰਭ ਹਰਿ ਅਗਮ ਅਪਾਰ ॥੪॥੧੯॥੪੯॥ [ਪੰਨਾ ੮੧੩]

ਪਦ ਅਰਥ :—ਤਪਤਿ—(ਵਿਕਾਰਾਂ ਦੀ) ਤਪਸ਼ । ਸਾਂਤਿ—ਸ਼ਾਂਤੀ, ਸੀਤਲਤਾ । ਪਰਸਤ—ਛੂੰਹਦਿਆਂ । ਅੰਧ ਕੂਪ—ਹਨੇਰਾ ਖੂਹ । ਦੇ—ਦੇ ਕੇ । ੧ ।

ਓਇ—[ਲਫ਼ਜ਼ 'ਓਹ' ਤੋਂ ਬਹੁ ਵਚਨ]ਉਹ ਸੰਤ ਜਨ । ਸਾਜਨਾ—ਸੱਜਣ,ਮਿੱਤਰ। ਰੇਨ—ਚਰਨ-ਧੂੜ । ਭੇਟਤ—ਮਿਲਿਆਂ । ਜੀਅ ਦਾਨੁ—ਆਤਮਕ ਜੀਵਨ ਦੀ ਦਾਤਿ । ਦੇਨ—ਦੇਨਿ, ਦੇਂਦੇ ਹਨ । ੧ । ਰਹਾਉ ।

ਪਰਾ ਪੂਰਬਲਾ—ਬਹੁਤ ਪਹਿਲੇ ਜਨਮਾਂ ਦਾ । ਅਬ—ਹੁਣ ਜਦੋਂ ਹਰਿ-ਸਾਧ ਮਿਲਿਆ ਹੈ । ਸੰਗਿ—ਨਾਲ । ਹਰਿ ਸਾਧ ਕੈ ਸੰਗਿ—ਪ੍ਰਭੂ ਦੇ ਭਗਤ ਨਾਲ ।ਆਸਾਇ— ਆਸਾਂ । ੨ ।

ਭੈ—[ਲਫ਼ਜ਼'ਭਉ' ਤੋਂ ਬਹੁ ਵਚਨ] ਸਾਰੇ ਡਰ ।ਤਿਹੁ ਲੋਕ ਕੇ—ਤਿੰਨਾਂ ਭਵਨਾਂ ਦੇ, ਸਾਰੇ ਜਗਤ ਦੇ । ਸੁਖ ਥਾਨ—ਸੁਖ ਦੇਣ ਵਾਲਾ ਥਾਂ, ਸਾਧ ਸੰਗਤਿ । ਗੁਰਿ—ਗੁਰੂ ਨੇ । ਸਮਰਥ—ਸਭ ਕੁਝ ਕਰ ਸਕਣ ਵਾਲਾ । ਮਨਿ—ਮਨ ਵਿਚ । ੩ ।

ਟੇਕ—ਓਟ, ਸਹਾਰਾ । ਪ੍ਰਭ—ਹੇ ਪ੍ਰਭੂ ! ਆਧਾਰ—ਆਸਰਾ । ਕਰਣ ਕਾਰਣ— ਜਗਤ ਦਾ ਕਾਰਨ, ਜਗਤ ਦਾ ਮੂਲ । ਅਗਮ—ਅਪਹੁੰਚ । ਅਪਾਰ—ਬੇਅੰਤ । ੪ ।

ਅਰਥ :—ਹੇ ਭਾਈ ! ਜਿਨ੍ਹਾਂ ਨੂੰ ਮਿਲਿਆਂ (ਮੇਰਾ ਮਨ) ਆਨੰਦ ਨਾਲ ਭਰਪੂਰ ਹੋ ਜਾਂਦਾ ਹੈ, ਜੇਹੜੇ (ਮੈਨੂੰ) ਆਤਮਕ ਜੀਵਨ ਦੀ ਦਾਤਿ ਦੇਂਦੇ ਹਨ, ਉਹ (ਸੰਤ ਜਨ ਹੀ) ਮੇਰੇ (ਅਸਲ) ਮਿੱਤਰ ਹਨ, ਮੈਂ ਉਹਨਾਂ ਦੇ ਚਰਨਾਂ ਦੀ ਧੂੜ (ਲੋਚਦਾ) ਹਾਂ । ੧ । ਰਹਾਉ ।

ਹੇ ਭਾਈ ! (ਉਹਨਾਂ ਸੰਤ ਜਨਾਂ ਦੇ ਪੈਰ) ਪਰਸਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ, ਮਨ ਵਿਚ ਵਿਕਾਰਾਂ ਦੀ ਭਾਰੀ ਤਪਸ਼ ਤੋਂ ਸ਼ਾਂਤੀ ਬਣ ਜਾਂਦੀ ਹੈ । ਜੇਹੜੇ ਮਨੁੱਖ (ਵਿਕਾਰਾਂ ਪਾਪਾਂ ਦੇ) ਘੁੱਪ ਹਨੇਰੇ ਖੂਹ ਵਿਚ ਗਲ-ਸੜ ਰਹੇ ਹੁੰਦੇ ਹਨ, ਉਹਨਾਂ ਨੂੰ

(ਉਹ ਸੰਤ ਜਨ ਆਪਣਾ) ਹੱਥ ਦੇ ਕੇ (ਉਸ ਖੂਹ ਵਿਚੋਂ) ਕੱਢ ਲੈਂਦੇ ਹਨ। ੧।

ਹੇ ਭਾਈ! ਇਸ ਮਨੁੱਖਾ ਜਨਮ ਵਿਚ(ਜਦੋਂ ਕਿਸੇ ਮਨੁੱਖ ਨੂੰ ਕੋਈ ਸੰਤ ਜਨ ਮਿਲ ਪੈਂਦਾ ਹੈ, ਤਾਂ) ਬੜੇ ਪੂਰਬਲੇ ਜਨਮ ਤੋਂ ਉਸ ਦੇ ਮੱਥੇ ਉਤੇ ਲਿਖਿਆ ਲੇਖ ਉਘੜ ਪੈਂਦਾ ਹੈ। ਪ੍ਰਭੂ ਦੇ ਸੇਵਕ-ਜਨ ਦੀ ਸੰਗਤਿ ਵਿਚ ਵੱਸਦਿਆਂ (ਉਸ ਮਨੁੱਖ ਦੀਆਂ ਸਾਰੀਆਂ ਆਸਾਂ ਪੂਰੀਆਂ ਹੋ ਜਾਂਦੀਆਂ ਹਨ। ੨।

ਹੇ ਭਾਈ! ਸਭ ਕੁਝ ਕਰ ਸਕਣ ਵਾਲੇ ਗੁਰੂ ਨੇ ਜਿਸ ਮਨੁੱਖ ਉਤੇ ਦਇਆ ਕੀਤੀ, ਉਸ ਦੇ ਮਨ ਵਿਚ ਪ੍ਰਭੂ ਦਾ ਨਾਮ ਵੱਸ ਪੈਂਦਾ ਹੈ, ਸਾਰੇ ਜਗਤ ਨੂੰ ਡਰਾਣ ਵਾਲੇ (ਉਸ ਦੇ) ਸਾਰੇ ਡਰ ਨਾਸ ਹੋ ਜਾਂਦੇ ਹਨ (ਕਿਉਂਕਿ ਗੁਰੂ ਦੀ ਕਿਰਪਾ ਨਾਲ)ਉਸ ਨੂੰ ਸੁਖਾਂ ਦਾ ਟਿਕਾਣਾ (ਸਾਧ-ਸੰਗ) ਮਿਲ ਜਾਂਦਾ ਹੈ। ੩।

ਹੇ ਜਗਤ ਦੇ ਮੂਲ ਪ੍ਰਭੂ! ਹੇ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ! ਹੇ ਅਪਹੁੰਚ ਹਰੀ! ਹੇ ਬੇਅੰਤ ਹਰੀ! ਨਾਨਕ ਦੀ ਤੂੰ ਹੀ ਓਟ ਹੈਂ, ਨਾਨਕ ਦਾ ਤੂੰ ਹੀ ਆਸਰਾ ਹੈਂ (ਮੈਨੂੰ ਨਾਨਕ ਨੂੰ ਭੀ ਗੁਰੂ ਮਿਲਾ, ਸੰਤ ਜਨ ਮਿਲਾ) ।੪।੧੯।੪੯।

ਬਿਲਾਵਲੁ ਮਹਲਾ ੫ ॥ ਸੋਈ ਮਲੀਨੁ ਦੀਨੁ ਹੀਨੁ ਜਿਸੁ ਪ੍ਰਭੁ ਬਿਸਰਾਨਾ ॥ ਕਰਨੈਹਾਰੁ ਨ ਬੂਝਈ ਆਪੁ ਗਨੈ ਬਿਗਾਨਾ ॥੧॥ ਦੂਖੁ ਤਦੇ ਜਦਿ ਵੀਸਰੈ ਸੁਖੁ ਪ੍ਰਭ ਚਿਤਿ ਆਏ ॥ ਸੰਤਨ ਕੈ ਆਨੰਦੁ ਏਹੁ ਨਿਤ ਹਰਿ ਗੁਣ ਗਾਏ ॥੧॥ ਰਹਾਉ ॥ ਊਚੇ ਤੇ ਨੀਚਾ ਕਰੈ ਨੀਚ ਖਿਨ ਮਹਿ ਥਾਪੈ॥ ਕੀਮਤਿ ਕਹੀ ਨ ਜਾਈਐ ਠਾਕੁਰ ਪਰਤਾਪੈ ॥ ੨ ॥ ਪੇਖਤ ਲੀਲਾ ਰੰਗ ਰੂਪ ਚਲਨੈ ਦਿਨੁ ਆਇਆ ॥ ਸੁਪਨੇ ਕਾ ਸੁਪਨਾ ਭਇਆ ਸੰਗਿ ਚਲਿਆ ਕਮਾਇਆ ॥ ੩ ॥ ਕਰਣ ਕਾਰਣ ਸਮਰਥ ਪ੍ਰਭ ਤੇਰੀ ਸਰਣਾਈ ॥ਹਰਿ ਦਿਨਸੁ ਰੈਣਿ ਨਾਨਕੁ ਜਪੈ ਸਦ ਸਦ ਬਲਿ ਜਾਈ ॥੪॥੨੦॥੫੦॥
[ਪੰਨਾ ੮੧੩]

ਪਦ ਅਰਥ :-ਸੋਈ-ਉਹੀ ਮਨੁੱਖ। ਮਲੀਨੁ-ਮੈਲਾ, ਗੰਦਾ। ਦੀਨੁ-ਕੰਗਾਲ। ਹੀਨੁ-ਨੀਚ। ਆਪੁ-ਆਪਣੇ ਆਪ ਨੂੰ। ਗਨੈ-ਸਮਝਦਾ ਹੈ, ਖ਼ਿਆਲ ਕਰਦਾ ਹੈ। ਬਿਗਾਨਾ-ਬੇ-ਗਿਆਨਾ, ਮੂਰਖ। ੧।

ਤਦੇ-ਤਦੋਂ ਹੀ। ਜਦਿ-ਜਦੋਂ। ਚਿਤਿ-ਚਿੱਤ ਵਿਚ। ਪ੍ਰਭ ਚਿਤਿ ਆਏ-ਪ੍ਰਭੂ ਚਿੱਤ ਵਿਚ ਆਇਆਂ। ਗਾਏ-ਗਾਂਦਾ ਹੈ। ੧। ਰਹਾਉ।

ਤੇ-ਤੋਂ। ਖਿਨ ਮਹਿ-ਤੁਰਤ। ਥਾਪੈ-ਗੱਦੀ ਤੇ ਬਿਠਾ ਦੇਂਦਾ ਹੈ, ਇੱਜ਼ਤ ਵਾਲਾ ਬਣਾ ਦੇਂਦਾ ਹੈ। ਠਾਕੁਰ ਪਰਤਾਪੈ-ਠਾਕੁਰ ਦੇ ਪਰਤਾਪ ਦੀ। ੨।

ਲੀਲਾ-ਖੇਲ ਤਮਾਸ਼ੇ। ਸੁਪਨੈ ਕਾ ਸੁਪਨਾ ਭਇਆ-ਜੇਹੜੀ ਚੀਜ਼ ਹੈ ਹੀ ਸੀ

ਸੁਪਨਾ, ਉਹ ਆਖ਼ਰ ਸੁਪਨਾ ਹੀ ਬਣ ਗਈ। ਸੰਗਿ—ਨਾਲ। ਕਮਾਇਆ—ਕੀਤੇ ਹੋਏ ਕਰਮ। ੩।

ਕਰਣ ਕਾਰਣ—ਹੇ ਜਗਤ ਦੇ ਰਚਨਹਾਰ! ਕਰਣ—ਜਗਤ। ਦਿਨਸੁ ਰੈਣਿ—ਦਿਨ ਰਾਤ। ਨਾਨਕੁ ਜਪੈ—ਨਾਨਕ ਜਪਦਾ ਹੈ [ਲਫ਼ਜ਼ 'ਨਾਨਕ' ਅਤੇ 'ਨਾਨਕੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ]। ਸਦ ਸਦ—ਸਦਾ ਹੀ। ਬਲਿ ਜਾਈ—ਸਦਕੇ ਜਾਂਦਾ ਹੈ। ੪।

ਅਰਥ :-(ਹੇ ਭਾਈ! ਮਨੁੱਖ ਨੂੰ) ਤਦੋਂ ਹੀ ਦੁੱਖ ਵਾਪਰਦਾ ਹੈ ਜਦੋਂ ਇਸ ਨੂੰ ਪਰਮਾਤਮਾ ਭੁੱਲ ਜਾਂਦਾ ਹੈ। ਪਰਮਾਤਮਾ ਮਨ ਵਿਚ ਵੱਸਿਆਂ (ਸਦਾ) ਸੁਖ ਪ੍ਰਤੀਤ ਹੁੰਦਾ ਹੈ। ਪ੍ਰਭੂ ਦਾ ਸੇਵਕ ਸਦਾ ਪ੍ਰਭੂ ਦੇ ਗੁਣ ਗਾਂਦਾ ਰਹਿੰਦਾ ਹੈ। ਸੇਵਕਾਂ ਦੇ ਹਿਰਦੇ ਵਿਚ ਇਹ ਆਨੰਦ ਟਿਕਿਆ ਰਹਿੰਦਾ ਹੈ। ੧। ਰਹਾਉ।

ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ ਭੁੱਲ ਜਾਂਦਾ ਹੈ, ਉਹੀ ਮਨੁੱਖ ਗੰਦਾ ਹੈ, ਕੰਗਾਲ ਹੈ, ਨੀਚ ਹੈ। ਉਹ ਮੂਰਖ ਮਨੁੱਖ ਆਪਣੇ ਆਪ ਨੂੰ (ਕੋਈ ਵਡੀ ਹਸਤੀ) ਸਮਝਦਾ ਰਹਿੰਦਾ ਹੈ, ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਨੂੰ ਕੁਝ ਸਮਝਦਾ ਹੀ ਨਹੀਂ।੧।

(ਪਰ, ਹੇ ਭਾਈ! ਯਾਦ ਰੱਖ) ਪਰਮਾਤਮਾ ਉੱਚੇ (ਆਕੜਖਾਨ) ਤੋਂ ਨੀਵਾਂ ਬਣਾ ਦੇਂਦਾ ਹੈ, ਅਤੇ ਨੀਵਿਆਂ ਨੂੰ ਇਕ ਖਿਨ ਵਿਚ ਹੀ ਇੱਜ਼ਤ ਵਾਲੇ ਬਣਾ ਦੇਂਦਾ ਹੈ। ਉਸ ਪਰਮਾਤਮਾ ਦੇ ਪਰਤਾਪ ਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ। ੨।

(ਹੇ ਭਾਈ! ਦੁਨੀਆ ਦੇ) ਖੇਲ-ਤਮਾਸ਼ੇ (ਦੁਨੀਆ ਦੇ) ਰੰਗ ਰੂਪ ਵੇਖਦਿਆਂ ਵੇਖਦਿਆਂ (ਹੀ ਮਨੁਖ ਦਾ ਦੁਨੀਆ ਤੋਂ) ਤੁਰਨ ਦਾ ਦਿਨ ਆ ਪਹੁੰਚਦਾ ਹੈ। ਇਹਨਾਂ ਰੰਗ-ਤਮਾਸ਼ਿਆਂ ਨਾਲੋਂ ਸਾਥ ਮੁੱਕਣਾ ਹੀ ਸੀ ਉਹ ਸਾਥ ਮੁੱਕ ਜਾਂਦਾ ਹੈ, ਮਨੁੱਖ ਦੇ ਨਾਲ ਕੀਤੇ ਹੋਏ ਕਰਮ ਹੀ ਜਾਂਦੇ ਹਨ। ੩।

ਜੇ ਜਗਤ ਦੇ ਰਚਨਹਾਰ ਪ੍ਰਭੂ! ਹੇ ਸਾਰੀਆਂ ਤਾਕਤਾਂ ਦੇ ਮਾਲਕ ਪ੍ਰਭੂ! (ਤੇਰਾ ਦਾਸ ਨਾਨਕ) ਤੇਰੀ ਸਰਣ ਆਇਆ ਹੈ। ਹੇ ਹਰੀ! ਨਾਨਕ ਦਿਨ ਰਾਤ (ਤੇਰਾ ਹੀ ਨਾਮ) ਜਪਦਾ ਹੈ, ਤੈਥੋਂ ਹੀ ਸਦਾ ਸਦਾ ਸਦਕੇ ਜਾਂਦਾ ਹੈ। ੪। ੨੦। ੫੦।

ਬਿਲਾਵਲੁ ਮਹਲਾ ੫ ॥ ਜਲੁ ਢੋਵਉ ਇਹ ਸੀਸ ਕਰਿ, ਕਰ ਪਗ ਪਖਲਾਵਉ ॥ ਬਾਰਿ ਜਾਉ ਲਖ ਬੇਰੀਆ ਦਰਸੁ ਪੇਖਿ ਜੀਵਾਵਉ ॥੧॥ ਕਰਉ ਮਨੋਰਥ ਮਨੈ ਮਾਹਿ ਅਪਨੇ ਪ੍ਰਭ ਤੇ ਪਾਵਉ ॥ ਦੇਉ ਸੂਹਨੀ ਸਾਧ ਕੈ ਬੀਜਨੁ ਢੋਲਾਵਉ ॥੧॥ ਰਹਾਉ ॥ ਅੰਮ੍ਰਿਤ ਗੁਣ ਸੰਤ ਬੋਲਤੇ ਸੁਨਿ ਮਨਹਿ ਪੀਲਾਵਉ ॥ ਉਆ ਰਸ ਮਹਿ ਸਾਂਤਿ ਤ੍ਰਿਪਤਿ ਹੋਇ ਬਿਖੈ ਜਲਨਿ ਬੁਝਾਵਉ॥੨॥ ਜਬ ਭਗਤਿ ਕਰਹਿ ਸੰਤ ਮੰਡਲੀ ਤਿਨ੍ ਮਿਲਿ ਹਰਿ ਗਾਵਉ ॥

ਕਰਉ ਨਮਸਕਾਰ ਭਗਤ ਜਨ ਧੂਰਿ ਮੁਖਿ ਲਾਵਉ ॥ ਊਠਤ ਬੈਠਤ ਜਪਉ ਨਾਮੁ ਇਹੁ ਕਰਮੁ ਕਮਾਵਉ ॥ ਨਾਨਕ ਕੀ ਪ੍ਰਭ ਬੇਨਤੀ ਹਰਿ ਸਰਨਿ ਸਮਾਵਉ ॥ ੪ ॥ ੨੧ ॥ ੫੧ ॥ [ਪੰਨਾ ੮੧੩]

ਪਦ ਅਰਥ :–ਢੋਵਉ–ਢੋਵਉਂ, ਮੈਂ ਢੋਵਾਂ । ਇਹ ਸੀਸ ਕਰਿ–ਇਸ ਸਿਰ ਨਾਲ । ਕਰ–ਹੱਥਾਂ ਨਾਲ [ਕਰਣ ਕਾਰਕ, ਬਹੁ ਵਚਨ] । ਪਗ–[ਬਹੁ ਵਚਨ] ਦੋਵੇਂ ਪੈਰ । ਪਖਲਾਵਉ–ਪਖਲਾਵਉਂ, ਮੈਂ ਧੋਵਾਂ । ਬਾਰਿ ਜਾਉ–ਬਾਰਿ ਜਾਉਂ, ਮੈਂ ਕੁਰਬਾਨ ਜਾਵਾਂ । ਬੇਰੀਆ–ਵਾਰੀ । ਪੇਖਿ–ਵੇਖ ਕੇ । ਜੀਵਾਵਉ–ਜੀਵਾਵਉਂ (ਆਪਣੇ ਅੰਦਰ) ਮੈਂ ਆਤਮਕ ਜੀਵਨ ਪੈਦਾ ਕਰਾਂ । ੧ ।

ਕਰਉ–ਕਰਉਂ, ਮੈਂ ਕਰਾਂ । ਮਨੋਰਥ–ਲੋੜ, ਮੰਗ । ਤੇ–ਤੋਂ । ਪਾਵਉ–ਪਾਵਉਂ। ਦੇਉ–ਦੇਉਂ, ਮੈਂ ਦਿਆਂ । ਸੁਹਨੀ–ਝਾੜੂ । ਸਾਧ ਕੈ–ਗੁਰੂ ਦੇ ਘਰ ਵਿਚ । ਬੀਜਨੁ–ਪੱਖਾ । ਢੋਲਾਵਉ–ਢੋਲਾਵਉਂ, ਮੈਂ ਝੱਲਾਂ । ੧ । ਰਹਾਉ ।

ਅੰਮ੍ਰਿਤ ਗੁਣ–ਆਤਮਕ ਜੀਵਨ ਦੇਣ ਵਾਲੇ ਹਰਿ-ਗੁਣ । ਸੁਣਿ–ਸੁਣ ਕੇ । ਮਨਹਿ–ਮਨ ਨੂੰ । ਪੀਵਾਵਉ–ਪੀਲਾਵਉਂ । ਸਾਤਿ–ਸ਼ਾਂਤੀ, ਸ਼ਾਂਤਿ । ਤ੍ਰਿਪਤਿ–ਰਜੇਵਾਂ। ਬਿਖੈ ਜਲਨਿ–ਵਿਸ਼ਿਆਂ ਦੀ ਸੜਨ । ਬੁਝਾਵਉ–ਬੁਝਾਵਉਂ । ੨ ।

ਕਰਹਿ–ਕਰਦੇ ਹਨ । ਸੰਤ ਮੰਡਲੀ–ਸਤਸੰਗੀ । ਮਿਲਿ–ਮਿਲ ਕੇ । ਗਾਵਉ–ਗਾਵਉਂ । ਮੁਖਿ–ਮੂੰਹ ਉਤੇ, ਮੱਥੇ ਉਤੇ । ਲਾਵਉ–ਲਾਵਉਂ, ਮੈਂ ਲਾਵਾਂ । ੩ ।

ਜਪਉ–ਜਪਉਂ, ਮੈਂ ਜਪਾਂ । ਕਰਮੁ–ਕੰਮ । ਕਮਾਵਉ–ਕਮਾਵਉਂ, ਮੈਂ ਕਰਾਂ । ਪ੍ਰਭ–ਹੇ ਪ੍ਰਭੂ ! ਸਮਾਵਉ–ਸਮਾਵਉਂ, ਮੈਂ ਲੀਨ ਰਹਾਂ । ੪ ।

ਅਰਥ :–(ਹੇ ਭਾਈ ! ਮੇਰੀ ਸਦਾ ਇਹੀ ਅਰਜ਼ੋਈ ਹੈ ਕਿ) ਮੈਂ ਜੇਹੜੀ ਭੀ ਮੰਗ ਆਪਣੇ ਮਨ ਵਿਚ ਕਰਾਂ, ਉਹ ਮੰਗ ਮੈਂ ਆਪਣੇ ਪਰਮਾਤਮਾ ਤੋਂ ਪ੍ਰਾਪਤ ਕਰ ਲਵਾਂ, ਮੈਂ ਗੁਰੂ ਦੇ ਘਰ ਵਿਚ (ਸਾਧ ਸੰਗਤਿ ਵਿਚ) ਝਾੜੂ ਦਿਆ ਕਰਾਂ ਅਤੇ ਪੱਖਾਂ ਝੱਲਿਆ ਕਰਾਂ । ੧ । ਰਹਾਉ ।

(ਹੇ ਭਾਈ ! ਮੇਰੀ ਇਹ ਤਾਂਘ ਹੈ ਕਿ ਗੁਰੂ ਦੇ ਘਰ ਵਿਚ) ਮੈਂ ਆਪਣੇ ਸਿਰ ਨਾਲ ਪਾਣੀ ਢੋਇਆ ਕਰਾਂ, ਅਤੇ ਆਪਣੇ ਹੱਥਾਂ ਨਾਲ (ਸੰਤ ਜਨਾਂ ਦੇ) ਪੈਰ ਧੋਇਆ ਕਰਾਂ, ਮੈਂ ਲੱਖਾਂ ਵਾਰੀ (ਗੁਰੂ ਤੋਂ) ਸਦਕੇ ਜਾਵਾਂ ਅਤੇ (ਗੁਰੂ ਦੀ ਸੰਗਤਿ ਦਾ) ਦਰਸਨ ਕਰ ਕੇ (ਆਪਣੇ ਅੰਦਰ) ਆਤਮਕ ਜੀਵਨ ਪੈਦਾ ਕਰਦਾ ਰਹਾਂ । ੧ ।

(ਹੇ ਭਾਈ ! ਮੇਰੀ ਇਹ ਅਰਦਾਸਿ ਹੈ ਕਿ ਸਾਧ ਸੰਗਤਿ ਵਿਚ) ਸੰਤ ਜਨ ਪਰਮਾਤਮਾ ਦੇ ਆਤਮਕ ਜੀਵਨ ਦੇਣ ਵਾਲੇ ਜੋ ਗੁਣ ਉਚਾਰਦੇ ਹਨ, ਉਹਨਾਂ ਨੂੰ ਸੁਣ ਕੇ ਮੈਂ ਆਪਣੇ ਮਨ ਨੂੰ (ਨਾਮ-ਅੰਮ੍ਰਿਤ) ਪਿਲਾਇਆ ਕਰਾਂ, (ਨਾਮ-ਅੰਮ੍ਰਿਤ ਦੇ) ਉਸ

ਸੁਆਦ ਵਿਚ (ਮੇਰੇ ਅੰਦਰ) ਸ਼ਾਂਤੀ ਅਤੇ (ਤ੍ਰਿਸ਼ਨਾ ਤੋਂ) ਰਜੇਵਾਂ ਪੈਦਾ ਹੋਵੇ, (ਨਾਮ-ਅੰਮ੍ਰਿਤ ਦੀ ਸਹਾਇਤਾ ਨਾਲ) ਮੈਂ (ਆਪਣੇ ਅੰਦਰੋਂ) ਵਿਸ਼ਿਆਂ ਦੀ ਸੜਨ ਬੁਝਾਂਦਾ ਰਹਾਂ । ੨ ।

(ਹੇ ਭਾਈ ! ਮੇਰੀ ਇਹੀ ਅਰਦਾਸਿ ਹੈ ਕਿ) ਜਦੋਂ ਸੰਤ ਜਨ ਸਾਧ ਸੰਗਤਿ ਵਿਚ ਬੈਠ ਕੇ ਪਰਮਾਤਮਾ ਦੀ ਭਗਤੀ ਕਰਦੇ ਹਨ, ਉਹਨਾਂ ਨਾਲ ਮਿਲ ਕੇ ਮੈਂ ਭੀ ਪਰਮਾਤਮਾ ਦੇ ਗੁਣ ਗਾਇਆ ਕਰਾਂ, ਮੈਂ ਸੰਤ ਜਨਾਂ ਅੱਗੇ ਸਿਰ ਨਿਵਾਇਆ ਕਰਾਂ, ਅਤੇ ਉਹਨਾਂ ਦੇ ਚਰਨਾਂ ਦੀ ਧੂੜ (ਆਪਣੇ) ਮੱਥੇ ਉੱਤੇ ਲਾਇਆ ਕਰਾਂ । ੩ ।

ਹੇ ਪ੍ਰਭੂ! (ਤੇਰੇ ਦਰ ਤੇ) ਨਾਨਕ ਦੀ ਇਹੀ ਬੇਨਤੀ ਹੈ ਕਿ ਉਠਦਿਆਂ ਬੈਠਦਿਆਂ (ਹਰ ਵੇਲੇ) ਮੈਂ (ਤੇਰਾ) ਨਾਮ ਜਪਿਆ ਕਰਾਂ, ਮੈਂ ਇਸ ਕੰਮ ਨੂੰ (ਹੀ ਸ੍ਰੇਸ਼ਟ ਜਾਣ ਕੇ ਨਿੱਤ) ਕਰਿਆ ਕਰਾਂ, ਅਤੇ, ਹੇ ਹਰੀ ! ਮੈਂ ਤੇਰੇ ਹੀ ਚਰਨਾਂ ਵਿਚ ਲੀਨ ਰਹਾਂ । ੪ । ੨੧ । ੫੧ ।

ਬਿਲਾਵਲੁ ਮਹਲਾ ੫॥ ਇਹੁ ਸਾਗਰੁ ਸੋਈ ਤਰੈ ਜੋ ਹਰਿ ਗੁਣ ਗਾਏ॥ ਸਾਧ ਸੰਗਤਿ ਕੈ ਸੰਗਿ ਵਸੈ ਵਡਭਾਗੀ ਪਾਏ ॥੧॥ ਸੁਣਿ ਸੁਣਿ ਜੀਵੈ ਦਾਸੁ, ਤੁਮ ਬਾਣੀ ਜਨ ਆਖੀ ॥ ਪ੍ਰਗਟ ਭਈ ਸਭ ਲੋਅ ਮਹਿ ਸੇਵਕ ਕੀ ਰਾਖੀ ॥੧॥ ਰਹਾਉ ॥ ਅਗਨਿ ਸਾਗਰ ਤੇ ਕਾਢਿਆ ਪ੍ਰਭਿ ਜਲਨਿ ਬੁਝਾਈ॥ ਅੰਮ੍ਰਿਤ ਨਾਮੁ ਜਲੁ ਸੰਚਿਆ ਗੁਰ ਭਏ ਸਹਾਈ ॥ ੨ ॥ ਜਨਮ ਮਰਣ ਦੁਖੁ ਕਾਟਿਆ ਸੁਖ ਕਾ ਥਾਨੁ ਪਾਇਆ ॥ ਕਾਟੀ ਸਿਲਕ ਭ੍ਰਮ ਮੋਹ ਕੀ ਅਪਨੇ ਪ੍ਰਭ ਭਾਇਆ ॥੩॥ ਮਤ ਕੋਈ ਜਾਣਹੁ ਅਵਰੁ ਕਛੁ ਸਭ ਪ੍ਰਭ ਕੈ ਹਾਥਿ ॥ ਸਰਬ ਸੂਖ ਨਾਨਕ ਪਾਏ ਸੰਗਿ ਸੰਤਨ ਸਾਥਿ ॥੪॥੨੨॥੫੨॥

[ਪੰਨਾ ੮੧੩]

ਪਦ ਅਰਥ :–ਸਾਗਰੁ–ਸਮੁੰਦਰ । ਸੋਈ–ਉਹੀ ਮਨੁੱਖ । ਕੈ ਸੰਗਿ–ਦੇ ਨਾਲ । ਵਸੈ–ਵੱਸਦਾ ਹੈ । ਵਡਭਾਗੀ–ਵੱਡੇ ਭਾਗਾਂ ਵਾਲਾ ਮਨੁੱਖ ।੧।

ਸੁਣਿ–ਸੁਣ ਕੇ । ਜੀਵੈ–ਆਤਮਕ ਜੀਵਨ ਹਾਸਲ ਕਰਦਾ ਹੈ । ਤੁਮ੍ ਜਨ–ਤੇਰੇ ਜਨਾਂ ਨੇ । ਲੋਅ ਮਹਿ–ਲੋਕ ਮਹਿ; ਜਗਤ ਵਿਚ । ਰਾਖੀ–ਬਚਾਈ ਹੋਈ ਇੱਜ਼ਤ ।੧। ਰਹਾਉ ।

ਤੇ–ਤੋਂ, ਵਿਚੋਂ! ਅਗਨਿ–ਅੱਗ । ਪ੍ਰਭਿ–ਪ੍ਰਭੂ ਨੇ । ਜਲਨਿ–ਸੜਨ । ਸੰਚਿਆ–ਛਿੜਕਿਆ । ੨ ।

ਸਿਲਕ–ਫਾਹੀ । ਪ੍ਰਭ ਭਾਇਆ–ਪ੍ਰਭੂ ਨੂੰ ਪਿਆਰਾ ਲੱਗਾ । ੩ ।

ਸਭ–ਸਾਰੀ (ਜੀਵਨ-ਜੁਗਤਿ)। ਹਾਥਿ–ਹੱਥ ਵਿਚ । ਸਾਥਿ–ਸਾਥ ਵਿਚ । ਸੰਗਿ

–ਨਾਲ ।੪।

ਅਰਥ :–ਹੇ ਪ੍ਰਭੂ ! ਤੇਰੇ ਸੇਵਕ ਤੇਰੀ ਸਿਫ਼ਤਿ ਸਲਾਹ ਦੀ ਜੇਹੜੀ ਬਾਣੀ ਉਚਾਰਦੇ ਹਨ, ਤੇਰਾ ਦਾਸ ਉਸ ਬਾਣੀ ਨੂੰ ਹਰ ਵੇਲੇ ਸੁਣ ਸੁਣ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਹੈ। (ਇਸ ਤਰ੍ਹਾਂ ਵਿਕਾਰਾਂ ਤੋਂ ਬਚਾ ਕੇ) ਤੂੰ ਆਪਣੇ ਸੇਵਕ ਦੀ ਜੋ ਇੱਜ਼ਤ ਰੱਖਦਾ ਹੈਂ, ਉਹ ਸਾਰੇ ਸੰਸਾਰ ਵਿਚ ਉੱਘੜ ਪੈਂਦੀ ਹੈ।੧। ਰਹਾਉ।

(ਹੇ ਭਾਈ ! ਇਹ ਜਗਤ, ਮਾਨੋ, ਇਕ ਸਮੁੰਦਰ ਹੈ ਜਿਸ ਵਿਚ ਵਿਕਾਰਾਂ ਦਾ ਪਾਣੀ ਠਾਠਾਂ ਮਾਰ ਰਿਹਾ ਹੈ) ਇਸ ਸਮੁੰਦਰ ਵਿਚੋਂ ਉਹੀ ਮਨੁੱਖ ਪਾਰ ਲੰਘਦਾ ਹੈ, ਜੇਹੜਾ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਜੇਹੜਾ ਸਾਧ ਸੰਗਤਿ ਦੇ ਨਾਲ ਮੇਲ-ਜੋਲ ਰੱਖਦਾ ਹੈ। (ਪਰ ਇਹ ਦਾਤਿ) ਕੋਈ ਭਾਗਾਂ ਵਾਲਾ ਮਨੁੱਖ ਪ੍ਰਾਪਤ ਕਰਦਾ ਹੈ।੧।

(ਹੇ ਭਾਈ ! ਜਿਸ ਸੇਵਕ ਨੇ ਸਿਫ਼ਤਿ ਸਾਲਾਹ ਦੀ ਬਾਣੀ ਸੁਣ ਕੇ ਆਤਮਕ ਜੀਵਨ ਪ੍ਰਾਪਤ ਕਰ ਲਿਆ) ਪਰਮਾਤਮਾ ਨੇ ਆਪ ਉਸ ਨੂੰ (ਵਿਕਾਰਾਂ ਦੀ) ਅੱਗ ਦੇ ਸਮੁੰਦਰ ਵਿਚੋਂ ਕੱਢ ਲਿਆ, ਪਰਮਾਤਮਾ ਨੇ ਆਪ (ਉਸ ਦੇ ਅੰਦਰੋਂ ਵਿਕਾਰਾਂ ਦੀ) ਸੜਨ ਸ਼ਾਂਤ ਕਰ ਦਿੱਤੀ। ਸਤਿਗੁਰੂ ਜੀ ਨੇ ਉਸ ਸੇਵਕ ਦੀ ਸਹਾਇਤਾ ਕੀਤੀ, ਤੇ (ਉਸ ਦੇ ਹਿਰਦੇ ਵਿਚ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਛਿੜਕਿਆ।੨।

(ਹੇ ਭਾਈ ! ਜਿਸ ਸੇਵਕ ਨੇ ਸਿਫ਼ਤਿ ਸਾਲਾਹ ਦੀ ਬਾਣੀ ਸੁਣ ਸੁਣ ਕੇ ਆਤਮਕ ਜੀਵਨ ਲੱਭ ਲਿਆ) ਉਸ ਨੇ ਜਨਮ ਮਰਨ ਦੇ ਗੇੜ ਦਾ ਦੁੱਖ ਕੱਟ ਲਿਆ, ਉਸ ਨੇ ਉਹ (ਆਤਮਕ) ਟਿਕਾਣਾ ਲੱਭ ਲਿਆ ਜਿਥੇ ਸੁਖ ਹੀ ਸੁਖ ਹੈ, ਉਸ ਨੇ (ਆਪਣੇ ਅੰਦਰੋਂ) ਭਟਕਣਾ ਤੇ ਮੋਹ ਦੀ ਫਾਹੀ ਕੱਟ ਲਈ, ਉਹ ਸੇਵਕ ਆਪਣੇ ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪਿਆ।੩।

(ਪਰ, ਹੇ ਭਾਈ !) ਕਿਤੇ ਇਹ ਨਾਂਹ ਸਮਝ ਲੈਣਾ (ਕਿ ਇਹੋ ਜਿਹਾ ਆਤਮਕ) ਆਨੰਦ ਮਾਣਨ ਵਾਸਤੇ ਅਸਾਂ ਜੀਵਾਂ ਦਾ) ਕੋਈ ਹੋਰ ਚਾਰਾ ਚੱਲ ਸਕਦਾ ਹੈ (ਯਕੀਨ ਨਾਲ ਜਾਣੋ ਕਿ) ਹਰੇਕ ਜੁਗਤਿ ਪਰਮਾਤਮਾ ਦੇ (ਆਪਣੇ) ਹੱਥ ਵਿਚ ਹੈ। ਹੇ ਨਾਨਕ ! ਉਹੀ ਸੇਵਕ ਸਾਰੇ ਸੁਖ ਪ੍ਰਾਪਤ ਕਰਦਾ ਹੈ ਜੋ ਸੰਤ ਜਨਾਂ ਦੀ ਸੰਗਤਿ ਵਿਚ ਰਹਿੰਦਾ ਹੈ ਜੋ ਸੰਤ ਜਨਾਂ ਦੇ ਨਾਲ ਰਹਿੰਦਾ ਹੈ।੪।੨੨।੫੨।

ਬਿਲਾਵਲੁ ਮਹਲਾ ੫ ॥ ਬੰਧਨ ਕਾਟੇ ਆਪਿ ਪ੍ਰਭਿ ਹੋਆ ਕਿਰਪਾਲ॥ ਦੀਨ ਦਇਆਲ ਪ੍ਰਭ ਪਾਰਬ੍ਰਹਮ ਤਾ ਕੀ ਨਦਰਿ ਨਿਹਾਲ॥੧॥ ਗੁਰਿ ਪੂਰੈ ਕਿਰਪਾ ਕਰੀ ਕਾਟਿਆ ਦੁਖੁ ਰੋਗੁ॥ ਮਨੁ ਤਨੁ ਸੀਤਲੁ ਸੁਖੀ ਭਇਆ ਪ੍ਰਭ ਧਿਆਵਨ ਜੋਗੁ ॥੧॥ ਰਹਾਉ ॥ ਅਉਖਧੁ ਹਰਿ ਕਾ

ਨਾਮੁ ਹੈ ਜਿਤੁ ਰੋਗੁ ਨ ਵਿਆਪੈ॥ ਸਾਧਸੰਗਿ ਮਨਿ ਤਨਿ ਹਿਤੈ ਫਿਰਿ ਦੂਖੁ ਨ ਜਾਪੈ ॥ ੨ ॥ ਹਰਿ ਹਰਿ ਹਰਿ ਹਰਿ ਜਾਪੀਐ ਅੰਤਰਿ ਲਿਵ ਲਾਈ ॥ ਕਿਲਵਿਖ ਉਤਰਹਿ ਸੁਧੁ ਹੋਇ ਸਾਧੂ ਸਰਣਾਈ ॥੩॥ ਸੁਨਤ ਜਪਤ ਹਰਿ ਨਾਮ ਜਸੁ ਤਾ ਕੀ ਦੂਰਿ ਬਲਾਈ॥ ਮਹਾ ਮੰਤ੍ਰੁ ਨਾਨਕੁ ਕਥੈ ਹਰਿ ਕੇ ਗੁਣ ਗਾਈ ॥੪॥੨੩॥੫੩॥ [ਪੰਨਾ ੮੧੪]

ਪਦ ਅਰਥ:–ਪ੍ਰਭਿ–ਪ੍ਰਭੂ ਨੇ। ਕਿਰਪਾਲ–[ਕਿਰਪਾ-ਆਲਯ] ਦਇਆਵਾਨ। ਨਦਰਿ–ਨਿਗਾਹ। ਨਿਹਾਲ–ਆਨੰਦ-ਭਰਪੂਰ। ੧।

ਗੁਰਿ ਪੂਰੈ–ਪੂਰੇ ਗੁਰੂ ਨੇ। ਸੀਤਲੁ–ਠੰਢਾ, ਸ਼ਾਂਤ। ਧਿਆਵਨ ਜੋਗੁ–ਜਿਸ ਦਾ ਧਿਆਨ ਧਰਨਾ ਚਾਹੀਦਾ ਹੈ। ੧। ਰਹਾਉ।

ਅਉਖਧੁ–ਦਵਾਈ। ਜਿਤੁ–ਜਿਸ (ਅਉਖਧ) ਦੀ ਰਾਹੀਂ। ਨ ਵਿਆਪੈ–ਜ਼ੋਰ ਨਹੀਂ ਪਾ ਸਕਦਾ। ਸਾਧਸੰਗਿ–ਗੁਰੂ ਦੀ ਸੰਗਤਿ ਵਿਚ। ਮਨਿ–ਮਨ ਵਿਚ। ਤਨਿ–ਤਨ ਵਿਚ, ਹਿਰਦੇ ਵਿਚ। ਹਿਤੈ–(ਨਾਮ–ਦਵਾਈ) ਪਿਆਰੀ ਲੱਗਦੀ ਹੈ। ਨ ਜਾਪੈ–ਨਹੀਂ ਜਾਪਦਾ, ਪ੍ਰਤੀਤ ਨਹੀਂ ਹੁੰਦਾ।੨।

ਜਾਪੀਐ–ਜਪਣਾ ਚਾਹੀਦਾ ਹੈ। ਅੰਤਰਿ–(ਮਨ ਦੇ) ਅੰਦਰ। ਲਾਈ–ਲਾਇ, ਲਾ ਕੇ। ਕਿਲਵਿਖ–(ਸਾਰੇ) ਪਾਪ। ਸੁਧੁ–ਪਵਿਤ੍ਰ। ਸਾਧੂ–ਗੁਰੂ। ੩।

ਜਸੁ–ਸੋਭਾ, ਵਡਿਆਈ। ਨਾਮ ਜਸੁ–ਨਾਮ ਦੀ ਵਡਿਆਈ। ਤਾ ਕੀ–ਉਸ (ਮਨੁੱਖ) ਦੀ। ਬਲਾਈ–ਬਲਾ, ਬਿਪਤਾ। ਮਹਾ ਮੰਤ੍ਰੁ–ਸਭ ਤੋਂ ਵੱਡਾ ਮੰਤਰ। ਗਾਈ–ਗਾਇ, ਗਾਂਦਾ ਹੈ। ੪।

ਅਰਥ :–ਹੇ ਭਾਈ! ਜਿਸ ਮਨੁੱਖ ਉੱਤੇ ਪੂਰੇ ਗੁਰੂ ਨੇ ਕਿਰਪਾ ਕਰ ਦਿੱਤੀ, ਧਿਆਵਣ-ਜੋਗ ਪ੍ਰਭੂ ਦਾ ਧਿਆਨ ਧਰ ਕੇ ਉਸ ਮਨੁੱਖ ਦਾ (ਹਰੇਕ) ਦੁੱਖ (ਹਰੇਕ) ਰੋਗ ਦੂਰ ਹੋ ਜਾਂਦਾ ਹੈ, ਉਸ ਦਾ ਮਨ ਉਸ ਦਾ ਹਿਰਦਾ ਠੰਢਾ-ਠਾਰ ਹੋ ਜਾਂਦਾ, ਉਹ ਮਨੁੱਖ ਸੁਖੀ ਹੋ ਜਾਂਦਾ ਹੈ।੧। ਰਹਾਉ।

(ਹੇ ਭਾਈ! ਜਿਸ ਮਨੁੱਖ ਉਤੇ ਪੂਰੇ ਗੁਰੂ ਨੇ ਕਿਰਪਾ ਕਰ ਦਿੱਤੀ) ਪ੍ਰਭੂ ਨੇ ਆਪ (ਉਸ ਦੇ ਸਾਰੇ) ਬੰਧਨ ਕੱਟ ਦਿੱਤੇ, ਪ੍ਰਭੂ ਉਸ ਮਨੁੱਖ ਉਤੇ ਦਇਆਵਾਨ ਹੋ ਗਿਆ। (ਹੇ ਭਾਈ!) ਪ੍ਰਭੂ ਪਾਰਬ੍ਰਹਮ ਦੀਨਾਂ ਉਤੇ ਦਇਆ ਕਰਨ ਵਾਲਾ ਹੈ (ਜਿਸ ਭੀ ਗ਼ਰੀਬ ਉਤੇ ਪ੍ਰਭੂ ਨਿਗਾਹ ਕਰਦਾ ਹੈ) ਉਹ ਮਨੁੱਖ ਉਸ (ਪ੍ਰਭੂ) ਦੀ ਨਿਗਾਹ ਨਾਲ ਆਨੰਦ-ਭਰਪੂਰ ਹੋ ਜਾਂਦਾ ਹੈ। ੧।

ਹੇ ਭਾਈ! ਪਰਮਾਤਮਾ ਦਾ ਨਾਮ (ਇਕ ਐਸੀ) ਦਵਾਈ ਹੈ ਜਿਸ ਦੀ ਬਰਕਤਿ

ਨਾਲ (ਕੋਈ ਭੀ) ਰੋਗ ਜ਼ੋਰ ਨਹੀਂ ਪਾ ਸਕਦਾ। ਜਦੋਂ ਗੁਰੂ ਦੀ ਸੰਗਤਿ ਵਿਚ ਟਿਕ ਕੇ (ਮਨੁੱਖ ਦੇ) ਮਨ ਵਿਚ ਤਨ ਵਿਚ (ਹਰਿ-ਨਾਮ) ਪਿਆਰਾ ਲੱਗਣ ਲੱਗ ਪੈਂਦਾ ਹੈ, ਤਦੋਂ (ਮਨੁੱਖ ਨੂੰ) ਕੋਈ ਦੁੱਖ ਮਹਿਸੂਸ ਨਹੀਂ ਹੁੰਦਾ ।੨।

ਹੇ ਭਾਈ! ਗੁਰੂ ਦੀ ਸਰਨ ਪੈ ਕੇ ਆਪਣੇ ਅੰਦਰ ਸੁਰਤਿ ਜੋੜ ਕੇ, ਸਦਾ ਪਰਮਾਤਮਾ ਦਾ ਨਾਮ ਜਪਦੇ ਰਹਿਣਾ ਚਾਹੀਦਾ ਹੈ। (ਇਸ ਤਰ੍ਹਾਂ ਸਾਰੇ) ਪਾਪ (ਮਨ ਤੋਂ) ਲਹਿ ਜਾਂਦੇ ਹਨ, (ਮਨ) ਪਵਿੱਤਰ ਹੋ ਜਾਂਦਾ ਹੈ।੩।

ਹੇ ਭਾਈ ! ਨਾਨਕ (ਇਕ) ਸਭ ਤੋਂ ਵੱਡਾ ਮੰਤ੍ਰ ਦੱਸਦਾ ਹੈ (ਮੰਤ੍ਰ ਇਹ ਹੈ ਕਿ ਜੇਹੜਾ ਮਨੁੱਖ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਪਰਮਾਤਮਾ ਦੇ ਨਾਮ ਦੀ ਵਡਿਆਈ ਸੁਣਦਿਆਂ ਤੇ ਜਪਦਿਆਂ ਉਸ ਮਨੁੱਖ ਦੀ ਹਰੇਕ ਬਲਾ (ਬਿਪਤਾ) ਦੂਰ ਹੋ ਜਾਂਦੀ ਹੈ।੪।੨੩।੫੩।

ਬਿਲਾਵਲੁ ਮਹਲਾ ੫॥ ਭੈ ਤੇ ਉਪਜੈ ਭਗਤਿ ਪ੍ਰਭ ਅੰਤਰਿ ਹੋਇ ਸਾਂਤਿ ॥ ਨਾਮੁ ਜਪਤ ਗੋਵਿੰਦ ਕਾ ਬਿਨਸੈ ਭ੍ਰਮ ਭ੍ਰਾਂਤਿ ॥੧॥ ਗੁਰੁ ਪੂਰਾ ਜਿਸੁ ਭੇਟਿਆ ਤਾ ਕੈ ਸੁਖਿ ਪਰਵੇਸੁ ॥ ਮਨ ਕੀ ਮਤਿ ਤਿਆਗੀਐ ਸੁਣੀਐ ਉਪਦੇਸੁ ॥੧॥ ਰਹਾਉ ॥ ਸਿਮਰਤ ਸਿਮਰਤ ਸਿਮਰੀਐ ਸੋ ਪੁਰਖੁ ਦਾਤਾਰੁ ॥ ਮਨ ਤੇ ਕਬਹੁ ਨ ਵੀਸਰੈ ਸੋ ਪੁਰਖੁ ਅਪਾਰੁ ॥੨॥ ਚਰਨ ਕਮਲ ਸਿਉ ਰੰਗੁ ਲਗਾ ਅਚਰਜ ਗੁਰਦੇਵ ॥ ਜਾ ਕਉ ਕਿਰਪਾ ਕਰਹੁ ਪ੍ਰਭ ਤਾ ਕਉ ਲਾਵਹੁ ਸੇਵ ॥੩॥ ਨਿਧਿ ਨਿਧਾਨ ਅੰਮ੍ਰਿਤੁ ਪੀਆ ਮਨਿ ਤਨਿ ਆਨੰਦ ॥ ਨਾਨਕ ਕਬਹੁ ਨ ਵੀਸਰੈ ਪ੍ਰਭ ਪਰਮਾਨੰਦ ॥੪॥੨੪॥੫੪॥

[ਪੰਨਾ ੮੧੪]

ਪਦ ਅਰਥ :–ਤੇ–ਤੋਂ। ਭੈ ਤੇ–[ਸੰਬੰਧਕ ਦੇ ਨਾਲ ਲਫ਼ਜ਼ 'ਭਉ' ਤੋਂ ਲਫ਼ਜ਼ 'ਭੈ' ਬਣ ਜਾਂਦਾ ਹੈ। ਭਉ–ਡਰ, ਅਦਬ, ਨਿਰਮਲ ਡਰ] ਨਿਰਮਲ ਡਰ ਦੀ ਬਰਕਤਿ ਨਾਲ। ਅੰਤਰਿ–ਅੰਦਰ, ਹਿਰਦੇ ਵਿਚ। ਭ੍ਰਾਂਤਿ–ਭਟਕਣਾ।੧।

ਜਿਸੁ–ਜਿਸ (ਮਨੁੱਖ) ਨੂੰ। ਭੇਟਿਆ–ਮਿਲ ਪਿਆ। ਤਾ ਕੇ–ਉਸ ਦੇ (ਹਿਰਦੇ) ਵਿਚ। ਸੁਖਿ–ਸੁਖ ਨੇ।੧। ਰਹਾਉ।

ਸਿਮਰਤ ਸਿਮਰਤ–ਹਰ ਵੇਲੇ ਸਿਮਰਦਿਆਂ। ਪੁਰਖੁ–ਸਰਬ-ਵਿਆਪਕ ਪ੍ਰਭੂ। ਮਨ ਤੇ–ਮਨ ਤੋਂ।੨।

ਸਿਉ–ਨਾਲ। ਰੰਗੁ–ਪਿਆਰਾ। ਜਾ ਕਉ–ਜਿਸ ਨੂੰ, ਜਿਸ (ਮਨੁੱਖ) ਉੱਤੇ। ਪ੍ਰਭ–ਹੇ ਪ੍ਰਭੂ !੩।

ਨਿਧਿ–(ਦੁਨੀਆ ਦੇ ਸਾਰੇ) ਖ਼ਜ਼ਾਨੇ। ਨਿਧਾਨ–ਖ਼ਜ਼ਾਨੇ। ਅੰਮ੍ਰਿਤੁ–ਆਤਮਕ

ਜੀਵਨ ਦੇਣ ਵਾਲਾ ਨਾਮ-ਜਲ। ਮਨਿ–ਮਨ ਵਿਚ। ਤਨਿ–ਤਨ ਵਿਚ। ਪਰਮਾਨੰਦ–[ਪਰਮ-ਆਨੰਦ] ਸਭ ਤੋਂ ਉੱਚੇ ਆਨੰਦ ਦਾ ਮਾਲਕ ਪ੍ਰਭੂ। ੪।

ਅਰਥ :–ਹੇ ਭਾਈ ! ਆਪਣੇ ਮਨ ਦੀ ਮਤਿ ਛੱਡ ਦੇਣੀ ਚਾਹੀਦੀ ਹੈ, (ਗੁਰੂ ਦਾ) ਉਪਦੇਸ਼ ਸੁਣਨਾ ਚਾਹੀਦਾ ਹੈ। ਜਿਸ ਮਨੁੱਖ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, (ਯਕੀਨ ਜਾਣੋ ਕਿ) ਉਸ (ਮਨੁੱਖ) ਦੇ ਹਿਰਦੇ ਵਿਚ ਸੁਖ ਨੇ ਪਰਵੇਸ਼ ਕਰ ਲਿਆ। ੧। ਰਹਾਉ।

(ਹੇ ਭਾਈ ! ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਿਰਮਲ ਡਰ ਹਿਰਦੇ ਵਿਚ ਪੈਦਾ ਹੋ ਜਾਂਦਾ ਹੈ, ਉਸ) ਨਿਰਮਲ ਡਰ ਦੀ ਰਾਹੀਂ ਪ੍ਰਭੂ ਦੀ ਭਗਤੀ (ਹਿਰਦੇ ਵਿਚ) ਪੈਦਾ ਹੁੰਦੀ ਹੈ, ਅਤੇ ਮਨ ਵਿਚ ਠੰਢ ਪੈ ਜਾਂਦੀ ਹੈ। ਹੇ ਭਾਈ ! ਪਰਮਾਤਮਾ ਦਾ ਨਾਮ ਜਪਦਿਆਂ ਜਪਦਿਆਂ (ਹਰੇਕ ਕਿਸਮ ਦਾ) ਭਰਮ ਭਟਕਣ ਨਾਸ ਹੋ ਜਾਂਦਾ ਹੈ। ੧।

ਹੇ ਭਾਈ ! ਸਭ ਦਾਤਾਂ ਬਖ਼ਸ਼ਣ ਵਾਲੇ ਉਸ ਸਰਬ-ਵਿਆਪਕ ਪ੍ਰਭੂ ਨੂੰ ਹਰ ਵੇਲੇ ਹੀ ਸਿਮਰਦੇ ਰਹਿਣਾ ਚਾਹੀਦਾ ਹੈ। (ਹੇ ਭਾਈ ! ਖ਼ਿਆਲ ਰੱਖ ਕਿ) ਉਹ ਬੇਅੰਤ ਅਕਾਲ ਪੁਰਖ ਕਦੇ ਭੀ ਮਨ ਤੋਂ ਨਾਹ ਭੁੱਲੇ। ੨।

ਹੇ ਭਾਈ ! ਗੁਰੂ ਦੀ ਇਹ ਅਚਰਜ ਵਡਿਆਈ ਹੈ ਕਿ ਉਸ ਦੀ ਕਿਰਪਾ ਨਾਲ ਪਰਮਾਤਮਾ ਦੇ ਸੋਹਣੇ ਚਰਨਾਂ ਨਾਲ ਪ੍ਰੀਤਿ ਬਣ ਜਾਂਦੀ ਹੈ। ਹੇ ਪ੍ਰਭੂ! ਜਿਸ ਮਨੁੱਖ ਉੱਤੇ ਤੂੰ ਕਿਰਪਾ ਕਰਦਾ ਹੈਂ (ਉਸ ਨੂੰ ਗੁਰੂ ਮਿਲਾਂਦਾ ਹੈਂ ਅਤੇ ਉਸ ਨੂੰ) ਤੂੰ ਆਪਣੀ ਸੇਵਾ-ਭਗਤੀ ਵਿਚ ਲਾ ਲੈਂਦਾ ਹੈਂ। ੩।

(ਹੇ ਭਾਈ ! ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਨੇ) ਆਤਮਕ ਜੀਵਨ ਦੇਣ ਵਾਲਾ (ਉਹ) ਨਾਮ-ਜਲ ਪੀ ਲਿਆ (ਜੋ) ਸਾਰੇ ਖ਼ਜ਼ਾਨਿਆਂ ਦਾ ਖ਼ਜ਼ਾਨਾ ਹੈ, (ਉਸ ਮਨੁੱਖ ਦੇ) ਮਨ ਵਿਚ ਹਿਰਦੈ ਵਿਚ ਖ਼ੁਸ਼ੀ ਭਰੀ ਰਹਿੰਦੀ ਹੈ। ਹੇ ਨਾਨਕ ! (ਖ਼ਿਆਲ ਰੱਖ ਕਿ) ਸਭ ਤੋਂ ਉੱਚੇ ਆਨੰਦ ਦਾ ਮਾਲਕ ਪਰਮਾਤਮਾ ਕਦੇ ਭੀ (ਮਨ ਤੋਂ) ਵਿਸਰ ਨਾਹ ਜਾਏ। ੪। ੨੪। ੫੪।

ਬਿਲਾਵਲੁ ਮਹਲਾ ੫॥ ਤ੍ਰਿਸਨ ਬੁਝੀ ਮਮਤਾ ਗਈ ਨਾਠੇ ਭੈ ਭਰਮਾ॥ ਥਿਤਿ ਪਾਈ ਆਨਦੁ ਭਇਆ ਗੁਰਿ ਕੀਨੇ ਧਰਮਾ॥ ੧॥ ਗੁਰੁ ਪੂਰਾ ਆਰਾਧਿਆ ਬਿਨਸੀ ਮੇਰੀ ਪੀਰ॥ ਤਨੁ ਮਨੁ ਸਭੁ ਸੀਤਲੁ ਭਇਆ ਪਾਇਆ ਸੁਖੁ ਬੀਰ॥ ੧॥ ਰਹਾਉ॥ ਸੋਵਤ ਹਰਿ ਜਪਿ ਜਾਗਿਆ ਪੇਖਿਆ ਬਿਸਮਾਦੁ॥ ਪੀ ਅੰਮ੍ਰਿਤੁ ਤ੍ਰਿਪਤਾਸਿਆ ਤਾ ਕਾ ਅਚਰਜ ਸੁਆਦੁ॥ ੨॥ ਆਪਿ ਮੁਕਤੁ ਸੰਗੀ ਤਰੇ ਕੁਲ ਕੁਟੰਬ ਉਧਾਰੇ॥ ਸਫਲ ਸੇਵਾ ਗੁਰਦੇਵ ਕੀ ਨਿਰਮਲ ਦਰਬਾਰੇ॥ ੩॥ ਨੀਚੁ ਅਨਾਥੁ ਅਜਾਨੁ ਮੈ

ਨਿਰਗੁਨੁ ਗੁਨਹੀਨੁ ॥ ਨਾਨਕ ਕਉ ਕਿਰਪਾ ਭਈ ਦਾਸੁ ਅਪਨਾ ਕੀਨੁ ॥ ੪ ॥ ੨੫ ॥ ੫੫ ॥ [ਪੰਨਾ ੮੧੪]

ਪਦ ਅਰਥ :—ਮਮਤਾ—ਅਪਣੱਤ [ਮਮ—ਮੇਰਾ । ਮਮਤਾ—ਇਹ ਖਿੱਚ ਕਿ ਮਾਇਆ ਮੇਰੀ ਬਣ ਜਾਏ] । ਭੈ—[ਲਫ਼ਜ਼ 'ਭਉ' ਤੋਂ ਬਹੁ ਵਚਨ] ਸਾਰੇ ਡਰ । ਭਰਮਾ—ਵਹਿਮ । ਥਿਤਿ—[ਸਿਥਤਿ] ਸ਼ਾਂਤੀ, ਟਿਕਾਉ । ਗੁਰਿ—ਗੁਰੂ ਨੇ । ਕੀਨੇ ਧਰਮਾ—(ਸਹਾਇਤਾ ਕਰਨ ਦਾ) ਨੇਮ ਨਿਬਾਹ ਦਿੱਤਾ ਹੈ । ੧ ।

ਮੇਰੀ ਪੀਰ—ਮਮਤਾ ਦਾ ਦੁੱਖ । ਸੀਤਲੁ—ਸ਼ਾਂਤ । ਬੀਰ—ਹੇ ਭਾਈ ! ੧ ।

ਸੋਵਤ—ਮਾਇਆ ਦੇ ਮੋਹ ਵਿਚ ਸੁੱਤਾ ਹੋਇਆ । ਜਪਿ—ਜਪ ਕੇ । ਬਿਸਮਾਦੁ—ਅਚਰਜ-ਰੂਪ ਪ੍ਰਭੂ । ਪੀ—ਪੀ ਕੇ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਤਾ ਕਾ—ਉਸ (ਅੰਮ੍ਰਿਤ) ਦਾ । ੨ ।

ਮੁਕਤੁ—(ਮਾਇਆ ਦੇ ਬੰਧਨਾਂ ਤੋਂ) ਆਜ਼ਾਦ । ਸੰਗੀ—ਸਾਥੀ । ਨਿਰਮਲ ਦਰਬਾਰੇ—ਪਵਿੱਤਰ ਹਜ਼ੂਰੀ ਵਿਚ । ੩ ।

ਅਜਾਨੁ—ਅੰਵਾਣ । ਨਾਨਕ ਕਉ—ਨਾਨਕ ਨੂੰ, ਨਾਨਕ ਉੱਤੇ । ਕੀਨੁ—ਬਣਾ ਲਿਆ । ੪ ।

ਅਰਥ :—ਹੇ ਭਾਈ ! (ਜਿਸ ਭੀ ਮਨੁੱਖ ਨੇ) ਪੂਰੇ ਗੁਰੂ ਦਾ ਆਸਰਾ ਲਿਆ ਹੈ । ਉਸ ਦਾ (ਮਾਇਆ ਦੀ) ਮਮਤਾ ਵਾਲਾ ਦੁੱਖ ਦੂਰ ਹੋ ਜਾਂਦਾ ਹੈ । ਉਸ ਦਾ ਮਨ ਉਸ ਦਾ ਤਨ ਠੰਢਾ-ਠਾਰ ਹੋ ਜਾਂਦਾ ਹੈ, ਉਸ ਨੂੰ ਆਤਮਕ ਆਨੰਦ ਪ੍ਰਾਪਤ ਹੋ ਜਾਂਦਾ ਹੈ । ੧ । ਰਹਾਉ ।

(ਹੇ ਭਾਈ ! ਜਿਸ ਮਨੁੱਖ ਨੇ ਗੁਰੂ ਦਾ ਆਸਰਾ ਲਿਆ) ਗੁਰੂ ਨੇ ਉਸ ਦੀ ਸਹਾਇਤਾ ਕਰਨ ਦਾ ਨੇਮ ਨਿਬਾਹ ਦਿੱਤਾ, (ਉਸ ਦੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਮਿਟ ਗਈ, (ਮਾਇਆ ਵਾਲੀ) ਅਪਣੱਤ ਦੂਰ ਹੋ ਗਈ, ਉਸ ਦੇ ਸਾਰੇ ਡਰ ਵਹਿਮ ਨੱਸ ਗਏ, ਉਸ ਨੇ ਆਤਮਕ ਅਡੋਲਤਾ ਹਾਸਲ ਕਰ ਲਈ, ਉਸ ਦੇ ਅੰਦਰ ਆਤਮਕ ਆਨੰਦ ਪੈਦਾ ਹੋ ਗਿਆ । ੧ ।

(ਹੇ ਭਾਈ ! ਜਿਸ ਮਨੁੱਖ ਨੇ ਗੁਰੂ ਦਾ ਪੱਲਾ ਫੜਿਆ, ਮਾਇਆ ਦੇ ਮੋਹ ਵਿਚ) ਸੁੱਤਾ ਹੋਇਆ ਉਸ ਦਾ ਮਨ ਪਰਮਾਤਮਾ ਦਾ ਨਾਮ ਜਪ ਕੇ ਜਾਗ ਪਿਆ, ਉਸ ਨੇ (ਹਰ ਥਾਂ) ਅਚਰਜ-ਰੂਪ ਪਰਮਾਤਮਾ ਦਾ ਦਰਸਨ ਕਰ ਲਿਆ । ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀ ਕੇ ਉਸ ਦਾ ਮਨ (ਮਾਇਆ ਵਲੋਂ) ਰੱਜ ਗਿਆ । ਹੇ ਭਾਈ ! ਉਸ ਨਾਮ-ਅੰਮ੍ਰਿਤ ਦਾ ਸੁਆਦ ਹੈ ਹੀ ਅਚਰਜ । ੨ ।

(ਹੇ ਭਾਈ ! ਗੁਰੂ ਦੀ ਸਰਨ ਪੈਣ ਵਾਲਾ ਮਨੁੱਖ) ਆਪ (ਮਾਇਆ ਦੇ ਬੰਧਨਾਂ

ਤੋਂ) ਆਜ਼ਾਦ ਹੋ ਜਾਂਦਾ ਹੈ, ਉਸ ਦੇ ਸਾਥੀ ਭੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ, ਉਹ ਮਨੁੱਖ ਆਪਣੀਆਂ ਕੁਲਾਂ ਨੂੰ,ਆਪਣੇ ਪਰਵਾਰ ਨੂੰ ਪਾਰ ਲੰਘਾ ਲੈਂਦਾ ਹੈ। ਗੁਰੂ ਦੀ ਕੀਤੀ ਹੋਈ ਸੇਵਾ ਉਸ ਨੂੰ ਫਲ-ਦਾਇਕ ਸਾਬਤ ਹੋ ਜਾਂਦੀ ਹੈ, (ਪ੍ਰਭੂ ਦੀ) ਪਵਿੱਤਰ ਹਜ਼ੂਰੀ ਵਿਚ (ਉਸ ਨੂੰ ਥਾਂ ਮਿਲ ਜਾਂਦੀ ਹੈ)। ੩।

ਹੇ ਭਾਈ ! ਮੈਂ ਨੀਚ ਸਾਂ, ਅਨਾਥ ਸਾਂ, ਅੰਞਾਨ ਸਾਂ, ਮੇਰੇ ਅੰਦਰ ਕੋਈ ਗੁਣ ਨਹੀਂ ਸਨ, ਮੈਂ ਗੁਣਾਂ ਤੋਂ ਸੱਖਣਾ ਸਾਂ (ਪਰ ਗੁਰੂ ਦੀ ਸਰਨ ਪੈਣ ਕਰ ਕੇ,ਮੈਂ) ਨਾਨਕ ਉਤੇ ਪਰਮਾਤਮਾ ਦੀ ਮੇਹਰ ਹੋਈ, ਪਰਮਾਤਮਾ ਨੇ ਮੈਨੂੰ ਆਪਣਾ ਸੇਵਕ ਬਣਾ ਲਿਆ ।੪।੨੫।੫੫।

ਬਿਲਾਵਲੁ ਮਹਲਾ ੫ ॥ ਹਰਿ ਭਗਤਾ ਕਾ ਆਸਰਾ ਅਨ ਨਾਹੀ ਠਾਉ ॥ ਤਾਣੁ ਦੀਬਾਣੁ ਪਰਵਾਰ ਧਨੁ ਪ੍ਰਭ ਤੇਰਾ ਨਾਉ ॥੧॥ ਕਰਿ ਕਿਰਪਾ ਪ੍ਰਭਿ ਆਪਣੀ ਅਪਨੇ ਦਾਸ ਰਖਿ ਲੀਏ ॥ ਨਿੰਦਕ ਨਿੰਦਾ ਕਰਿ ਪਚੇ ਜਮਕਾਲਿ ਗ੍ਰਸੀਏ ॥ ੧ ॥ ਰਹਾਉ ॥ ਸੰਤਾ ਏਕੁ ਧਿਆਵਨਾ ਦੂਸਰ ਕੋ ਨਾਹਿ ॥ ਏਕਸੁ ਆਗੈ ਬੇਨਤੀ ਰਵਿਆ ਸ੍ਰਬ ਥਾਇ ॥ ੨ ॥ ਕਥਾ ਪੁਰਾਤਨ ਇਉ ਸੁਣੀ ਭਗਤਨ ਕੀ ਬਾਨੀ ॥ ਸਗਲ ਦੁਸਟ ਖੰਡ ਖੰਡ ਕੀਏ ਜਨ ਲੀਏ ਮਾਨੀ ॥੩॥ ਸਤਿ ਬਚਨ ਨਾਨਕੁ ਕਹੈ ਪਰਗਟ ਸਭ ਮਾਹਿ ॥ ਪ੍ਰਭ ਕੇ ਸੇਵਕ ਸਰਣਿ ਪ੍ਰਭ ਤਿਨ ਕਉ ਭਉ ਨਾਹਿ ॥੪॥੨੬॥੫੬॥[ਪੰਨਾ੮੧੫]

ਪਦ ਅਰਥ :—ਅਨ—[अन्य] ਹੋਰ । ਠਾਉ—[स्थान] ਥਾਂ । ਤਾਣ—ਬਲ। ਦੀਬਾਣੁ—ਆਸਰਾ। ਪ੍ਰਭ—ਹੇ ਪ੍ਰਭੂ ! ੧।

ਪ੍ਰਭਿ—ਪ੍ਰਭੂ ਨੇ। ਰਖਿ ਲੀਏ—ਰੱਖਿਆ ਕੀਤੀ । ਪਚੇ—[प्लुष्] ਸੜਦੇ ਰਹੇ। ਜਮ ਕਾਲਿ—ਜਮ ਕਾਲ ਨੇ, ਆਤਮਕ ਮੌਤ ਨੇ। ਗ੍ਰਸੀਏ—ਗ੍ਰਸੀ ਰੱਖੇ,ਹੜੱਪ ਕੀਤੀ ਰੱਖੇ ।੧। ਰਹਾਉ।

ਕੋ—ਕੋਈ।ਰਵਿਆ—ਵਿਆਪਕ ਹੈ । ਸ੍ਰਬ—[सर्व] ਸਰਬ, ਸਾਰੇ। ਥਾਇ—ਥਾਂ ਵਿਚ। ੨।

ਭਗਤਨ ਕੀ ਬਾਨੀ—ਭਗਤਾਂ ਦੇ ਬਚਨਾਂ ਦੀ ਰਾਹੀਂ, ਭਗਤਾਂ ਦੀ ਜ਼ਬਾਨੀ। ਸਗਲ—ਸਾਰੇ। ਖੰਡ ਖੰਡ—ਟੋਟੇ ਟੋਟੇ। ਲੀਏ ਮਾਨੀ—ਮੰਨ ਲਏ, ਆਦਰ ਦਿੱਤਾ। ੩।

ਸਤਿ—ਅਟੱਲ। ਪਰਗਟ—ਪ੍ਰਤੱਖ ਤੌਰ ਤੇ। ੪।

ਅਰਥ :—ਹੇ ਭਾਈ !ਪਰਮਾਤਮਾ ਨੇ ਮੇਹਰ ਕਰ ਕੇ ਆਪਣੇ ਸੇਵਕਾਂ ਦੀ ਸਦਾ ਹੀ ਆਪ ਰੱਖਿਆ ਕੀਤੀ ਹੈ। ਨਿੰਦਕ(ਸੇਵਕਾਂ ਦੀ)ਨਿੰਦਾ ਕਰ ਕਰ ਕੇ (ਸਦਾ) ਸੜਦੇ-ਭੁੱਜਦੇ

ਰਹੇ, ਉਹਨਾਂ ਨੂੰ (ਸਗੋਂ) ਆਤਮਕ ਮੌਤ ਨੇ ਹੜੱਪ ਕੀਤੀ ਰੱਖਿਆ । ੧ । ਰਹਾਉ ।

ਹੇ ਹਰੀ ! (ਤੂੰ ਆਪਣੇ ਭਗਤਾਂ ਦੀ ਰਾਖੀ ਕੀਤੀ ਹੈ, ਕਿਉਂਕਿ) ਤੇਰੇ ਭਗਤਾਂ ਨੂੰ ਤੇਰਾ ਹੀ ਆਸਰਾ ਰਹਿੰਦਾ ਹੈ, (ਉਹਨਾਂ ਨੂੰ ਸਹਾਇਤਾ ਵਾਸਤੇ) ਹੋਰ ਕੋਈ ਥਾਂ ਨਹੀਂ ਸੁੱਝਦਾ । ਹੇ ਪ੍ਰਭੂ ! ਤੇਰਾ ਨਾਮ ਹੀ (ਤੇਰੇ ਭਗਤਾਂ ਵਾਸਤੇ) ਤਾਣ ਹੈ, ਸਹਾਰਾ ਹੈ, ਪਰਵਾਰ ਹੈ ਅਤੇ ਧਨ ਹੈ । ੧ ।

(ਹੇ ਭਾਈ ! ਪ੍ਰਭੂ ਆਪਣੇ ਸੰਤ ਜਨਾਂ ਦੀ ਸਦਾ ਰਾਖੀ ਕਰਦਾ ਹੈ, ਕਿਉਂਕਿ) ਸੰਤ ਜਨ ਸਦਾ ਇਕ ਪ੍ਰਭੂ ਦਾ ਹੀ ਧਿਆਨ ਧਰਦੇ ਹਨ, ਕਿਸੇ ਹੋਰ ਦਾ ਨਹੀਂ । ਜੇਹੜਾ ਪ੍ਰਭੂ ਸਭ ਥਾਵਾਂ ਵਿਚ ਵਿਆਪਕ ਹੈ, ਸੰਤ ਜਨ ਸਿਰਫ਼ ਉਸ ਦੇ ਦਰ ਤੇ ਹੀ ਅਰਜ਼ੋਈ ਕਰਦੇ ਹਨ । ੨ ।

ਹੇ ਭਾਈ ! ਭਗਤ ਜਨਾਂ ਦੀ ਆਪਣੀ ਬਾਣੀ ਦੀ ਰਾਹੀਂ ਹੀ ਪੁਰਾਣੇ ਸਮੇ ਦੀ ਹੀ ਕਥਾ ਇਉਂ ਸੁਣੀ ਜਾ ਰਹੀ ਹੈ, ਕਿ ਪਰਮਾਤਮਾ ਨੇ (ਹਰ ਸਮੇ) ਆਪਣੇ ਸੇਵਕਾਂ ਦਾ ਆਦਰ ਕੀਤਾ, ਅਤੇ (ਉਹਨਾਂ ਦੇ) ਸਾਰੇ ਵੈਰੀਆਂ ਨੂੰ ਟੋਟੇ ਟੋਟੇ ਕਰ ਦਿੱਤਾ । ੩ ।

ਹੇ ਭਾਈ ! ਨਾਨਕ ਆਖਦਾ ਹੈ–ਇਹ ਬਚਨ ਸਾਰੀ ਸ੍ਰਿਸ਼ਟੀ ਵਿਚ ਹੀ ਪ੍ਰਤੱਖ ਤੌਰ ਤੇ ਅਟੱਲ ਹਨ ਕਿ ਪ੍ਰਭੂ ਦੇ ਸੇਵਕ ਪ੍ਰਭੂ ਦੀ ਸਰਨ ਪਏ ਰਹਿੰਦੇ ਹਨ,(ਇਸ ਵਾਸਤੇ) ਉਹਨਾਂ ਨੂੰ ਕੋਈ ਡਰ ਪੋਹ ਨਹੀਂ ਸਕਦਾ । ੪ । ੨੬ । ੫੬ ।

ਬਿਲਾਵਲੁ ਮਹਲਾ ੫ ॥ ਬੰਧਨ ਕਾਟੈ ਸੋ ਪ੍ਰਭੂ ਜਾ ਕੈ ਕਲ ਹਾਥ ॥ ਅਵਰ ਕਰਮ ਨਹੀ ਛੂਟੀਐ ਰਾਖਹੁ ਹਰਿ ਨਾਥ ॥ ੧ ॥ ਤਉ ਸਰਣਾਗਤਿ ਮਾਧਵੇ ਪੂਰਨ ਦਇਆਲ ॥ ਛੂਟਿ ਜਾਇ ਸੰਸਾਰ ਤੇ ਰਾਖੈ ਗੋਪਾਲ ॥੧॥ ਰਹਾਉ ॥ ਆਸਾ ਭਰਮ ਬਿਕਾਰ ਮੋਹ ਇਨ੍ ਮਹਿ ਲੋਭਾਨਾ ॥ ਝੂਠੁ ਸਮਗ੍ਰੀ ਮਨਿ ਵਸੀ ਪਾਰਬ੍ਰਹਮੁ ਨ ਜਾਨਾ ॥ ੨ ॥ ਪਰਮ ਜੋਤਿ ਪੂਰਨ ਪੁਰਖ ਸਭਿ ਜੀਅ ਤੁਮ੍ਾਰੇ ॥ ਜਿਉ ਤੂ ਰਾਖਹਿ ਤਿਉ ਰਹਾ ਪ੍ਰਭ ਅਗਮ ਅਪਾਰੇ ॥ ੩ ॥ ਕਰਣ ਕਾਰਣ ਸਮਰਥ ਪ੍ਰਭ ਦੇਹਿ ਅਪਨਾ ਨਾਉ ॥ ਨਾਨਕ ਤਰੀਐ ਸਾਧਸੰਗਿ ਹਰਿ ਹਰਿ ਗੁਣ ਗਾਉ ॥੪॥੨੭॥੫੭॥ [ਪੰਨਾ ੮੧੫]

ਪਦ ਅਰਥ :–ਕਾਟੈ–ਕੱਟਦਾ ਹੈ । ਜਾ ਕੈ ਹਾਥ–ਜਿਸ ਦੇ ਹੱਥਾਂ ਵਿਚ । ਅਵਰ ਕਰਮ–ਹੋਰ ਕੰਮਾਂ ਦੀ ਰਾਹੀਂ । ਨਾਥ–ਹੇ ਨਾਥ ! ੧ ।

ਤਉ–ਤੇਰੀ । ਸਰਣਾਗਤਿ–ਸਰਣ-ਆਗਤਿ, ਸਰਨ ਆਉਣ ਵਾਲਾ । ਮਾਧਵੇ–[ਮਾ–ਮਾਇਆ, ਲੱਛਮੀ । ਧਵ–ਪਤੀ] ਹੇ ਮਾਧਵੇ ! ਹੇ ਮਾਇਆ ਦੇ ਪਤੀ ! ਹੇ ਪ੍ਰਭੂ ! ਦਇਆਲ–ਹੇ ਦਇਆ ਦੇ ਘਰ ! ਸੰਸਾਰ ਤੇ–ਸੰਸਾਰ ਤੋਂ, ਸੰਸਾਰ ਦੇ ਮੋਹ ਤੋਂ । ਰਾਖੈ–

ਰੱਖਿਆ ਕਰਦਾ ਹੈ। ਗੋਪਾਲ–ਸ੍ਰਿਸ਼ਟੀ ਦਾ ਪਾਲਕ ਪ੍ਰਭੂ। ੧। ਰਹਾਉ।

ਇਨ੍ ਮਹਿ–ਇਹਨਾਂ ਵਿਚ [ਨੋਟ ! ਅੱਖਰ 'ਨ' ਦੇ ਹੇਠ ਅੱਧਾ 'ਹ' ਹੈ]। ਝੂਠੁ–ਨਾਸਵੰਤ, ਜਿਸ ਨਾਲ ਸਾਥ ਸਦਾ ਨਹੀਂ ਰਹਿ ਸਕਦਾ। ਮਨਿ–ਮਨ ਵਿਚ। ਨ ਜਾਨਾ–ਨਹੀਂ ਪਛਾਣਿਆ, ਸਾਂਝ ਨਹੀਂ ਪਾਈ। ੨।

ਜੋਤਿ–ਚਾਨਣ ਦਾ ਸੋਮਾ। ਪੁਰਖ–ਹੇ ਸਰਬ-ਵਿਆਪਕ ! ਸਭਿ–ਸਾਰੇ। ਜੀਅ–[ਲਫ਼ਜ਼ 'ਜੀਉ' ਬਹੁ ਵਚਨ]। ਰਹਾ–ਰਹਾਂ, ਮੈਂ ਰਹਿੰਦਾ ਹਾਂ, ਮੈਂ ਰਹਿ ਸਕਦਾ ਹਾਂ। ਪ੍ਰਭ–ਹੇ ਪ੍ਰਭੂ। ਅਗਮ–ਹੇ ਅਪਹੁੰਚ ! ੩।

ਕਰਣ–ਜਗਤ। ਕਰਣ ਕਾਰਣ–ਹੇ ਜਗਤ ਦੇ ਰਚਨਹਾਰ ! ਤਰੀਐ–ਪਾਰ ਲੰਘ ਸਕਦੀ ਹੈ। ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ।ਗੁਣ ਗਾਉ–ਗੁਣ ਗਾਇਆ ਕਰ।੪।

ਅਰਥ :–ਹੇ ਮਾਇਆ ਦੇ ਪਤੀ ਪ੍ਰਭੂ ! ਹੇ (ਸਾਰੇ ਗੁਣਾਂ ਨਾਲ) ਭਰਪੂਰ ਪ੍ਰਭੂ ! ਹੇ ਦਇਆ ਦੇ ਸੋਮੇ ਪ੍ਰਭੂ ! (ਮੈਂ) ਤੇਰੀ ਸਰਨ ਆਇਆ (ਹਾਂ ਮੇਰੀ ਸੰਸਾਰ ਦੇ ਮੋਹ ਤੋਂ ਰੱਖਿਆ ਕਰ)। (ਹੇ ਭਾਈ !) ਸ੍ਰਿਸ਼ਟੀ ਦਾ ਪਾਲਕ ਪ੍ਰਭੂ (ਜਿਸ ਮਨੁੱਖ ਦੀ) ਰੱਖਿਆ ਕਰਦਾ ਹੈ, ਉਹ ਮਨੁੱਖ ਸੰਸਾਰ ਦੇ ਮੋਹ ਤੋਂ ਬਚ ਜਾਂਦਾ ਹੈ। ੧। ਰਹਾਉ।

ਹੇ ਭਾਈ ! ਜਿਸ ਪ੍ਰਭੂ ਦੇ ਹੱਥਾਂ ਵਿਚ (ਹਰੇਕ) ਤਾਕਤ ਹੈ, ਉਹ ਪ੍ਰਭੂ(ਸਰਨ ਪਏ ਮਨੁੱਖ ਦੇ ਮਾਇਆ ਦੇ ਸਾਰੇ) ਬੰਧਨ ਕੱਟ ਦੇਂਦਾ ਹੈ। (ਹੇ ਭਾਈ ! ਪ੍ਰਭੂ ਦੀ ਸਰਨ ਪੈਣ ਤੋਂ ਬਿਨਾ) ਹੋਰ ਕੰਮਾਂ ਦੇ ਕਰਨ ਨਾਲ (ਇਹਨਾਂ ਬੰਧਨਾਂ ਤੋਂ ਖਲਾਸੀ ਨਹੀਂ ਮਿਲ ਸਕਦੀ (ਬੱਸ ! ਹਰ ਵੇਲੇ ਇਹੀ ਅਰਦਾਸ ਕਰੋ–) ਹੇ ਹਰੀ !ਹੇ ਨਾਥ! ਸਾਡੀ ਰੱਖਿਆ ਕਰ। ੧।

(ਹੇ ਭਾਈ ! ਮੰਦ-ਭਾਗੀ ਜੀਵ) ਦੁਨੀਆਂ ਦੀਆਂ ਆਸਾਂ, ਵਹਿਮ, ਵਿਕਾਰ, ਮਾਇਆ ਦਾ ਮੋਹ–ਇਹਨਾਂ ਵਿਚ ਹੀ ਫਸਿਆ ਰਹਿੰਦਾ ਹੈ। ਜੇਹੜੀ ਮਾਇਆ,ਨਾਲ ਤੋੜ ਸਾਥ ਨਹੀਂ ਨਿਭਣਾ, ਉਹੀ ਇਸ ਦੇ ਮਨ ਵਿਚ ਟਿਕੀ ਰਹਿੰਦੀ ਹੈ,(ਕਦੇ ਭੀ ਇਹ) ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ। ੨।

ਹੇ ਸਭ ਤੋਂ ਉੱਚੇ ਚਾਨਣ ਦੇ ਸੋਮੇ ! ਹੇ ਸਭ ਗੁਣਾਂ ਨਾਲ ਭਰਪੂਰ ਪ੍ਰਭੂ ! ਹੇ ਸਰਬ-ਵਿਆਪਕ ਪ੍ਰਭੂ ! (ਅਸੀ)ਸਾਰੇ ਜੀਵ ਤੇਰੇ ਹੀ ਪੈਦਾ ਕੀਤੇ ਹੋਏ ਹਾਂ। ਹੇ ਅਪਹੁੰਚ ਤੇ ਬੇਅੰਤ ਪ੍ਰਭੂ ! ਜਿਵੇਂ ਤੂੰ ਹੀ ਮੈਨੂੰ ਰੱਖਦਾ ਹੈਂ, ਮੈਂ ਉਸੇ ਤਰ੍ਹਾਂ ਹੀ ਰਹਿ ਸਕਦਾ ਹਾਂ (ਮਾਇਆ ਦੇ ਬੰਧਨਾਂ ਤੋਂ ਤੂੰ ਹੀ ਮੈਨੂੰ ਬਚਾ ਸਕਦਾ ਹੈਂ)। ੩।

ਹੇ ਨਾਨਕ ! (ਆਖ–) ਹੇ ਜਗਤ ਦੇ ਰਚਨਹਾਰ ਪ੍ਰਭੂ !ਹੇ ਸਭ ਕੁਝ ਕਰ ਸਕਣ ਵਾਲੇ ਪ੍ਰਭੂ ! (ਮੈਨੂੰ) ਆਪਣਾ ਨਾਮ ਬਖ਼ਸ਼ ।(ਹੇ ਭਾਈ !) ਸਾਧ ਸੰਗਤਿ ਵਿਚ ਟਿਕ ਕੇ ਸਦਾ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਇਆ ਕਰ, (ਇਸੇ ਤਰ੍ਹਾਂ ਹੀ

ਸੰਸਾਰ-ਸਮੁੰਦਰ ਤੋਂ) ਪਾਰ ਲੰਘ ਸਕਦਾ ਹੈ । ੪ । ੨੭ । ੫੭ ।

ਬਿਲਾਵਲੁ ਮਹਲਾ ੫ ॥ ਕਵਨੁ ਕਵਨੁ ਨਹੀ ਪਤਰਿਆ ਤੁਮ੍ਰੀ ਪਰਤੀਤਿ ॥ ਮਹਾ ਮੋਹਨੀ ਮੋਹਿਆ ਨਰਕ ਕੀ ਰੀਤਿ ॥ ੧ ॥ ਮਨ ਖੁਟਹਰ ਤੇਰਾ ਨਹੀ ਬਿਸਾਸੁ ਤੂ ਮਹਾ ਉਦਮਾਦਾ ॥ ਖਰ ਕਾ ਪੈਖਰੁ ਤਉ ਛੁਟੈ ਜਉ ਊਪਰਿ ਲਾਦਾ ॥੧॥ ਰਹਾਉ ॥ ਜਪ ਤਪ ਸੰਜਮ ਤੁਮ੍ ਖੰਡੇ ਜਮ ਕੇ ਦੁਖ ਡਾਂਡ ॥ ਸਿਮਰਹਿ ਨਾਹੀ ਜੋਨਿ ਦੁਖ ਨਿਰਲਜੇ ਭਾਂਡ ॥ ੨ ॥ ਹਰਿ ਸੰਗਿ ਸਹਾਈ ਮਹਾ ਮੀਤੁ ਤਿਸੁ ਸਿਉ ਤੇਰਾ ਭੇਦੁ ॥ ਬੀਧਾ ਪੰਚ ਬਟਵਾਰਈ ਉਪਜਿਓ ਮਹਾ ਖੇਦੁ ॥੩॥ ਨਾਨਕ ਤਿਨ ਸੰਤਨ ਸਰਣਾਗਤੀ ਜਿਨ ਮਨੁ ਵਸਿ ਕੀਨਾ ॥ ਤਨੁ ਧਨੁ ਸਰਬਸੁ ਆਪਣਾ ਪ੍ਰਭਿ ਜਨ ਕਉ ਦੀਨਾ ॥੪॥ ੨੮॥੫੮॥ [ਪੰਨਾ ੮੧੫]

ਪਦ ਅਰਥ:—ਪਤਰਿਆ—[ਪ੍ਰਤਾਰਯ—to deceive, to cheat. ਪਤਾਰਨਾ—ਬਦਨਾਮ ਕਰਨਾ] ਧੋਖਾ ਖਾ ਗਿਆ, ਬਦਨਾਮ ਹੋਇਆ । ਪਰਤੀਤਿ—ਇਤਬਾਰ । ਮਹਾ—ਵੱਡੀ । ਮੋਹਿਆ—ਠੱਗ ਲਿਆ । ਰੀਤਿ—ਮਰਯਾਦਾ, ਰਸਤਾ । ੧ ।

ਮਨ ਖੁਟਹਰ—ਹੇ ਖੋਟੇ ਮਨ ! ਬਿਸਾਸੁ—ਇਤਬਾਰ । ਉਦਮਾਦਾ—ਮਸਤਿਆ ਹੋਇਆ ।ਖਰ—ਖੋਤਾ । ਪੈਖਰੁ—ਪਿਛਾੜੀ, ਉਹ ਰੱਸੀ ਜੋ ਖੋਤੇ ਦੇ ਪਿਛਲੇ ਪੈਰਾਂ ਨੂੰ ਬੰਨ੍ਹ ਕੇ ਕਿੱਲੇ ਨਾਲ ਬੱਧੀ ਹੁੰਦੀ ਹੈ । ਤਉ ਛੁਟੈ—ਤਦੋਂ ਖੁਲ੍ਹਦਾ ਹੈ।ਜਉ—ਜਦੋਂ ।੧। ਰਹਾਉ।

ਸੰਜਮ—ਇੰਦ੍ਰਿਆਂ ਨੂੰ ਰੋਕ ਰੱਖਣ ਦੇ ਜਤਨ । ਖੰਡੇ—ਨਾਸ ਕਰ ਦਿੱਤੇ,ਤੋੜ ਦਿੱਤੇ। ਡਾਂਡ—ਡੰਡ । ਸਿਮਰਿ ਨਾਹੀ—ਤੂੰ ਚੇਤੇ ਨਹੀਂ ਕਰਦਾ, ਤੈਨੂੰ ਭੁੱਲ ਗਏ ਹਨ । ਨਿਰਲਜ—ਬੇਸ਼ਰਮ । ਭਾਂਡ—ਹੇ ਭੰਡ ! ੨ ।

ਸੰਗਿ—ਨਾਲ । ਸਹਾਈ—ਮਦਦਗਾਰ । ਸਿਉ—ਨਾਲ, ਤੋਂ । ਭੇਦੁ—ਵਿੱਥ । ਬੀਧਾ—ਵਿੰਨ੍ਹ ਲਿਆ । ਬਟਵਾਰਈ—ਬਟਵਾਰਿਆਂ ਨੇ, ਲੁਟੇਰਿਆਂ ਨੇ । ਪੰਚ—ਕਾਮਾਦਿਕ ਪੰਜ । ਖੇਦੁ—ਦੁੱਖ-ਕਲੇਸ਼ । ੩ ।

ਨਾਨਕ—ਹੇ ਨਾਨਕ ! ਵਸਿ—ਵੱਸ ਵਿਚ ।ਕੀਨਾ—ਕੀਤਾ ਹੋਇਆ ਹੈ । ਸਰਬਸੁ—[ਸਰ੍ਵੱਸ੍ਵ । ਸਰ੍ਵ—ਸਾਰਾ । ਸ੍ਵ—ਧਨ] ਸਭ ਕੁਝ । ਪ੍ਰਭਿ—ਪ੍ਰਭੂ ਨੇ । ਕਉ—ਨੂੰ । ਦੀਨ੍ਹ—[ਅੱਖਰ 'ਨ' ਦੇ ਨਾਲ ਅੱਧਾ 'ਹ' ਹੈ] ਦਿੱਤਾ । ੪ ।

ਅਰਥ :—ਹੇ ਖੋਟੇ ਮਨ ! ਤੇਰਾ ਇਤਬਾਰ ਨਹੀਂ ਕੀਤਾ ਜਾ ਸਕਦਾ, (ਕਿਉਂਕਿ ਤੂੰ (ਮਾਇਆ ਦੇ ਨਸ਼ੇ ਵਿਚ) ਬਹੁਤ ਮਸਤ ਰਹਿੰਦਾ ਹੈਂ । (ਜਿਵੇਂ) ਖੋਤੇ ਦੀ ਪਿਛਾੜੀ ਤਦੋਂ ਖੋਲ੍ਹੀ ਜਾਂਦੀ ਹੈ, ਜਦੋਂ ਉਸ ਨੂੰ ਉਤੋਂ ਲੱਦ ਲਿਆ ਜਾਂਦਾ ਹੈ (ਤਿਵੇਂ ਤੈਨੂੰ ਭੀ ਖ਼ਰ—

ਮਸਤੀ ਕਰਨ ਦਾ ਮੌਕਾ ਨਹੀਂ ਦਿੱਤਾ ਜਾਣਾ ਚਾਹੀਦਾ । ੧ । ਰਹਾਉ ।

ਹੇ ਮਨ ! ਤੇਰਾ ਇਤਬਾਰ ਕਰ ਕੇ ਕਿਸ ਕਿਸ ਨੇ ਧੋਖਾ ਨਹੀਂ ਖਾਧਾ ? ਤੂੰ ਵੂਡੀ ਮੋਹਣ ਵਾਲੀ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈਂ (ਤੇ, ਇਹ) ਰਸਤਾ (ਸਿੱਧਾ) ਨਰਕਾਂ ਦਾ ਹੈ । ੧ ।

ਹੇ ਮਨ ! ਤੂੰ ਜਪ, ਤਪ, ਸੰਜਮ (ਆਦਿਕ ਭਲੇ ਕੰਮਾਂ ਦੇ ਨੇਮ) ਤੋੜ ਦੇਂਦਾ ਹੈਂ, (ਇਸ ਕਰ ਕੇ) ਜਮਰਾਜ ਦੇ ਦੁੱਖ ਤੇ ਡੰਨ ਸਹਾਰਦਾ ਹੈਂ । ਹੇ ਬੇਸ਼ਰਮ ਭੰਡ ! ਤੂੰ ਜਨਮ ਮਰਨ ਦੇ ਗੇੜ ਦੇ ਦੁੱਖ ਚੇਤੇ ਨਹੀਂ ਕਰਦਾ । ੨ ।

ਹੇ ਮਨ ! ਪਰਮਾਤਮਾ (ਹੀ ਸਦਾ) ਤੇਰੇ ਨਾਲ ਹੈ, ਤੇਰਾ ਮਦਦਗਾਰ ਹੈ, ਤੇਰਾ ਮਿੱਤਰ ਹੈ, ਉਸ ਨਾਲੋਂ ਤੇਰੀ ਵਿੱਥ ਬਣੀ ਪਈ ਹੈ । ਤੈਨੂੰ (ਕਾਮਾਦਿਕ) ਪੰਜ ਲੁਟੇਰਿਆਂ ਨੇ ਆਪਣੇ ਵੱਸ ਵਿਚ ਕਰ ਰੱਖਿਆ ਹੈ (ਜਿਸ ਕਰਕੇ ਤੇਰੇ ਅੰਦਰ) ਬੜਾ ਦੁੱਖ-ਕਲੇਸ਼ ਬਣਿਆ ਰਹਿੰਦਾ ਹੈ । ੬ ।

ਹੇ ਨਾਨਕ ! ਜਿਨ੍ਹਾਂ ਸੰਤ ਜਨਾਂ ਨੇ (ਆਪਣਾ) ਮਨ (ਆਪਣੇ) ਵੱਸ ਵਿਚ ਕਰ ਲਿਆ ਹੈ, ਜਿਨ੍ਹਾਂ ਜਨਾਂ ਨੂੰ ਪ੍ਰਭੂ ਨੇ (ਇਹ ਦਾਤਿ) ਦਿੱਤੀ ਹੈ, ਉਹਨਾਂ ਦੀ ਸਰਨ ਪੈਣਾ ਚਾਹੀਦਾ ਹੈ । ਆਪਣਾ ਤਨ, ਆਪਣਾ ਧਨ, ਸਭ ਕੁਝ ਉਹਨਾਂ ਸੰਤ ਜਨਾਂ ਤੋਂ ਸਦਕੇ ਕਰਨਾ ਚਾਹੀਦਾ ਹੈ । ੪ । ੨੮ । ੫੮ ।

ਬਿਲਾਵਲੁ ਮਹਲਾ ੫ ॥ ਉਦਮੁ ਕਰਤ ਆਨਦੁ ਭਇਆ ਸਿਮਰਤ ਸੁਖ ਸਾਰੁ ॥ ਜਪਿ ਜਪਿ ਨਾਮੁ ਗੋਬਿੰਦ ਕਾ ਪੂਰਨ ਬੀਚਾਰੁ ॥੧॥ ਚਰਨ ਕਮਲ ਗੁਰ ਕੇ ਜਪਤ ਹਰਿ ਜਪਿ ਹਉ ਜੀਵਾ ॥ ਪਾਰਬ੍ਰਹਮੁ ਆਰਾਧਤੇ ਮੁਖਿ ਅੰਮ੍ਰਿਤੁ ਪੀਵਾ ॥ ੧ ॥ ਰਹਾਉ ॥ ਜੀਅ ਜੰਤ ਸਭਿ ਸੁਖਿ ਬਸੇ ਸਭ ਕੈ ਮਨਿ ਲੋਚ ॥ ਪਰ ਉਪਕਾਰੁ ਨਿਤ ਚਿਤਵਤੇ ਨਾਹੀ ਕਛੁ ਪੋਚ ॥ ੨ ॥ ਧੰਨੁ ਸੁ ਥਾਨੁ ਬਸੰਤ ਧੰਨੁ ਜਹ ਜਪੀਐ ਨਾਮੁ॥ ਕਥਾ ਕੀਰਤਨੁ ਹਰਿ ਅਤਿ ਘਨਾ ਸੁਖ ਸਹਜ ਬਿਸ੍ਰਾਮੁ ॥੩॥ ਮਨ ਤੇ ਕਦੇ ਨ ਵੀਸਰੈ ਅਨਾਥ ਕੋ ਨਾਥ ॥ ਨਾਨਕ ਪ੍ਰਭ ਸਰਣਾਗਤੀ ਜਾ ਕੈ ਸਭੁ ਕਿਛੁ ਹਾਥ ॥੪॥੨੯॥੫੯॥ [੮੧੫]

ਪਦ ਅਰਥ :—ਸੁਖ ਸਾਰੁ—ਸੁਖਾਂ ਦਾ ਤੱਤ, ਸਭ ਤੋਂ ਸ੍ਰੇਸ਼ਟ ਸੁਖ । ਜਪਿ—ਜਪ ਕੇ । ੧ ।

ਚਰਨ ਕਮਲ—ਕੌਲ ਫੁੱਲ ਵਰਗੇ ਸੋਹਣੇ ਚਰਨ । ਹਉ—ਹਉਂ, ਮੈਂ । ਜੀਵਾ—ਜੀਵਾਂ, ਮੈਂ ਜੀਊਂਦਾ ਹਾਂ, ਮੈਨੂੰ ਆਤਮਕ ਜੀਵਨ ਮਿਲਦਾ ਹੈ । ਆਰਾਧਤੇ—ਸਿਮਰਦਿਆਂ । ਮੁਖਿ—ਮੂੰਹ ਨਾਲ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਪੀਵਾ—ਪੀਵਾਂ,

ਮੈਂ ਪੀਂਦਾ ਹਾਂ। ੧। ਰਹਾਉ।

ਜੀਅ–[ਲਫ਼ਜ਼ 'ਜੀਉ' ਤੋਂ ਬਹੁ ਵਚਨ]। ਸਭਿ–ਸਾਰੇ। ਸੁਖਿ–ਸੁਖ ਵਿਚ। ਕੈ ਮਨਿ–ਦੇ ਮਨ ਵਿਚ। ਪਰ ਉਪਕਾਰੁ–ਦੂਜਿਆਂ ਦੀ ਭਲਾਈ ਦਾ ਕੰਮ। ਪੋਚ–ਪਾਪ। ੨।

ਧੰਨੁ–ਭਾਗਾਂ ਵਾਲਾ। ਬਸੰਤ–ਵੱਸਣ ਵਾਲੇ। ਜਹ–ਜਿੱਥੇ। ਜਪੀਐ–ਜਪਿਆ ਜਾਂਦਾ ਹੈ। ਅਤਿ ਘਨਾ–ਬਹੁਤ ਵਧੀਕ। ਸਹਜ ਬਿਸ੍ਰਾਮੁ–ਆਤਮਕ ਅਡੋਲਤਾ ਦਾ ਟਿਕਾਣਾ। ੩।

ਤੇ–ਤੋਂ। ਕੋ–ਦਾ। ਅਨਾਥ ਕੋ ਨਾਥ–ਨਿਖਸਮਿਆਂ ਦਾ ਖਸਮ। ਜਾ ਕੈ ਹਾਥ–ਜਿਸ ਦੇ ਵੱਸ ਵਿਚ। ੪।

ਅਰਥ :–ਹੇ ਭਾਈ ! ਗੁਰੂ ਦੇ ਸੋਹਣੇ ਚਰਨਾਂ ਦਾ ਧਿਆਨ ਧਰ ਕੇ, ਪਰਮਾਤਮਾ ਦਾ ਆਰਾਧਨ ਕਰਦਿਆਂ, ਪਰਮਾਤਮਾ ਦਾ ਨਾਮ ਜਪ ਜਪ ਕੇ, (ਜਿਉਂ ਜਿਉਂ) ਮੈਂ ਮੂੰਹ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹਾਂ, (ਤਿਉਂ ਤਿਉਂ) ਮੈਨੂੰ ਆਤਮਕ ਜੀਵਨ ਪ੍ਰਾਪਤ ਹੁੰਦਾ ਹੈ। ੧। ਰਹਾਉ।

ਹੇ ਭਾਈ ! (ਪਰਮਾਤਮਾ ਦਾ ਨਾਮ ਜਪਣ ਦਾ)ਉੱਦਮ ਕਰਦਿਆਂ (ਮਨ ਵਿਚ) ਸਰੂਰ ਪੈਦਾ ਹੁੰਦਾ ਹੈ, ਨਾਮ ਸਿਮਰਦਿਆਂ ਸਭ ਤੋਂ ਸ੍ਰੇਸ਼ਟ ਸੁਖ ਮਿਲਦਾ ਹੈ। ਪਰਮਾਤਮਾ ਦਾ ਨਾਮ ਮੁੜ ਮੁੜ ਜਪ ਕੇ ਸਭ ਗੁਣਾਂ ਨਾਲ ਭਰਪੂਰ ਪਰਮਾਤਮਾ ਦੇ ਗੁਣਾਂ ਦਾ ਵਿਚਾਰ (ਮਨ ਵਿਚ ਟਿਕਿਆ ਰਹਿੰਦਾ ਹੈ)। ੧।

ਹੇ ਭਾਈ ! ਪਰਮਾਤਮਾ ਦਾ ਆਰਾਧਨ ਕਰਦਿਆਂ) ਸਾਰੇ ਜੀਅ ਜੰਤ ਆਤਮਕ ਆਨੰਦ ਵਿਚ ਲੀਨ ਰਹਿੰਦੇ ਹਨ, (ਜਪਣ ਵਾਲੇ) ਸਭਨਾਂ ਦੇ ਮਨ ਵਿਚ (ਸਿਮਰਨ ਦੀ) ਤਾਂਘ ਪੈਦਾ ਹੋਈ ਰਹਿੰਦੀ ਹੈ। (ਜੇਹੜੇ ਜੇਹੜੇ ਮਨੁੱਖ ਨਾਮ ਜਪਦੇ ਹਨ, ਉਹ) ਸਦਾ ਦੂਜਿਆਂ ਦੀ ਭਲਾਈ ਕਰਨ ਦਾ ਕੰਮ ਸੋਚਦੇ ਰਹਿੰਦੇ ਹਨ, ਕੋਈ ਪਾਪ-ਵਿਕਾਰ ਉਹਨਾਂ ਉਤੇ ਆਪਣਾ ਅਸਰ ਨਹੀਂ ਪਾ ਸਕਦਾ। ੨।

ਹੇ ਭਾਈ ! ਜਿਸ ਥਾਂ ਪਰਮਾਤਮਾ ਦਾ ਨਾਮ ਜਪਿਆ ਜਾਂਦਾ ਹੈ, ਉਹ ਥਾਂ ਭਾਗਾਂ ਵਾਲਾ ਹੋ ਜਾਂਦਾ ਹੈ, ਉਥੇ ਵੱਸਣ ਵਾਲੇ ਭੀ ਭਾਗਾਂ ਵਾਲੇ ਬਣ ਜਾਂਦੇ ਹਨ (ਕਿਉਂਕਿ ਜਿਸ ਥਾਂ) ਪਰਮਾਤਮਾ ਦੀ ਕਥਾ-ਵਾਰਤਾ, ਪ੍ਰਭੂ ਦੀ ਸਿਫਤਿ ਸਾਲਾਹ ਬਹੁਤ ਹੁੰਦੀ ਰਹੇ, ਉਹ ਥਾਂ ਆਤਮਕ ਆਨੰਦ ਦਾ, ਆਤਮਕ ਅਡੋਲਤਾ ਦਾ ਟਿਕਾਣਾ (ਸੋਮਾ) ਬਣ ਜਾਂਦਾ ਹੈ। ੩।

(ਇਸ ਵਾਸਤੇ) ਹੇ ਨਾਨਕ ! (ਆਖ–ਹੇ ਭਾਈ !) ਉਹ ਅਨਾਥਾਂ ਦਾ ਨਾਥ ਪ੍ਰਭੂ ਕਦੇ ਮਨ ਤੋਂ ਭੁੱਲਣਾ ਨਹੀਂ ਚਾਹੀਦਾ,ਉਸ ਪ੍ਰਭੂ ਦੀ ਸਰਨ ਸਦਾ ਪਏ ਰਹਿਣਾ ਚਾਹੀਦਾ

ਹੈ, ਜਿਸ ਦੇ ਹੱਥ ਵਿਚ ਹਰੇਕ ਚੀਜ਼ ਹੈ । ੪ । ੨੯ । ੫੯ ।

ਬਿਲਾਵਲੁ ਮਹਲਾ ੫॥ ਜਿਨਿ ਤੂ ਬੰਧਿ ਕਰਿ ਛੋਡਿਆ ਫੁਨਿ ਸੁਖ ਮਹਿ ਪਾਇਆ ॥ ਸਦਾ ਸਿਮਰਿ ਚਰਣਾਰਬਿੰਦ ਸੀਤਲ ਹੋਤਾਇਆ ॥ ੧ ॥ ਜੀਵਤਿਆ ਅਥਵਾ ਮੁਇਆ ਕਿਛੁ ਕਾਮਿ ਨ ਆਵੈ ॥ ਜਿਨਿ ਏਹੁ ਰਚਨੁ ਰਚਾਇਆ ਕੋਊ ਤਿਸੁ ਸਿਉ ਰੰਗੁ ਲਾਵੈ ॥੧॥ ਰਹਾਉ ॥ ਰੇ ਪ੍ਰਾਣੀ ਉਸਨ ਸੀਤ ਕਰਤਾ ਕਰੈ ਘਾਮ ਤੇ ਕਾਢੈ ॥ ਕੀਰੀ ਤੇ ਹਸਤੀ ਕਰੈ ਟੂਟਾ ਲੇ ਗਾਢੈ ॥ ੨ ॥ ਅੰਡਜ ਜੇਰਜ ਸੇਤਜ ਉਤਭੁਜਾ ਪ੍ਰਭ ਕੀ ਇਹ ਕਿਰਤਿ ॥ ਕਿਰਤ ਕਮਾਵਨ ਸਰਬ ਫਲ ਰਵੀਐ ਹਰਿ ਨਿਰਤਿ ॥੩॥ ਹਮ ਤੇ ਕਛੂ ਨ ਹੋਵਨਾ ਸਰਣਿ ਪ੍ਰਭ ਸਾਧ ॥ ਮੋਹਮਗਨ ਕੂਪ ਅੰਧ ਤੇ ਨਾਨਕ ਗੁਰ ਕਾਢ॥ ੪ ॥ ੩੦ ॥ ੬੦ ॥ [ਪੰਨਾ ੮੧੬]

ਪਦ ਅਰਥ :–ਜਿਨਿ–ਜਿਸ (ਪਰਮਾਤਮਾ) ਨੇ । ਤੂ–ਤੈਨੂੰ । ਬੰਧਿ ਕਰਿ ਛੋਡਿਆ–ਬੰਨ੍ਹ ਕੇ ਰੱਖਿਆ ਹੋਇਆ ਸੀ (ਮਾਂ ਦੇ ਪੇਟ ਵਿਚ)।ਫੁਨਿ–ਫਿਰ, (ਮਾਂ ਦੇ ਪੇਟ ਵਿਚੋਂ ਕੱਢ ਕੇ)। ਚਰਣਾਰਬਿੰਦ–[ਚਰਣ-ਅਰਬਿੰਦ । ਅਰਬਿੰਦ–ਕਮਲ ਫੁੱਲ] ਕੌਲ ਫੁੱਲ ਵਰਗੇ ਸੋਹਣੇ ਚਰਨ । ਸੀਤਲ–ਸ਼ਾਂਤ-ਚਿੱਤ । ਹੋਤਾਇਆ–ਹੋ ਜਾਈਦਾ ਹੈ ।

ਅਥਵਾ–ਅਤੇ । ਜੀਵਤਿਆ–ਜੀਊਂਦਿਆਂ, ਇਸ ਲੋਕ ਵਿਚ । ਮੁਇਆ–ਮੁਇਆਂ, ਪਰਲੋਕ ਵਿਚ । ਕਾਮਿ–ਕੰਮ । ਵਿਚ ਕੋਊ–ਕੋਈ ਵਿਰਲਾ । ਸਿਉ–ਨਾਲ । ਰੰਗੁ–ਪ੍ਰੇਮ । ੧ । ਰਹਾਉ ।

ਉਸਨ–ਗਰਮੀ । ਸੀਤ–ਠੰਢਕ । ਕਰਤਾ–ਕਰਤਾਰ । ਘਾਮ ਤੇ–ਤਪਸ਼ ਤੋਂ । ਕੀਰੀ–ਕੀੜੀ । ਤੇ–ਤੋਂ । ਹਸਤੀ–ਹਾਥੀ । ਲੇ–ਲੈ ਕੇ, (ਆਪਣੇ ਚਰਨਾਂ ਨਾਲ ਲਾ ਕੇ) । ੨ ।

ਅੰਡਜ–ਅੰਡੇ ਤੋਂ ਪੈਦਾ ਹੋਏ ਜੀਵ, (ਪੰਛੀ ਆਦਿਕ) । ਜੇਰਜ–ਜਿਓਰ ਤੋਂ ਜੰਮੇ ਹੋਏ (ਮਨੁੱਖ ਅਤੇ ਪਸ਼ੂ) । ਸੇਤਜ–[ਸੈਤ–ਪਸੀਨਾ] ਮੁੜ੍ਹਕੇ ਤੋਂ ਜੰਮੇ ਹੋਏ (ਜੂਆਂ ਆਦਿਕ) । ਉਤਭੁਜਾ–ਪਾਣੀ ਦੀ ਮਦਦ ਨਾਲ ਧਰਤੀ ਵਿਚੋਂ ਜੰਮੇ ਹੋਏ (ਬਨਾਸ-ਪਤੀ) । ਕਿਰਤਿ–ਰਚਨਾ । ਨਿਰਤਿ–[ਨਿ-ਰਤਿ । ਰਤਿ–ਪਿਆਰ, ਮੋਹ] ਨਿਰਮੋਹ ਹੋ ਕੇ । ੩ ।

ਹਮ ਤੇ–ਅਸਾਂ (ਜੀਵਾਂ) ਤੋਂ । ਪ੍ਰਭ–ਹੇ ਪ੍ਰਭੂ ! ਸਰਣਿ ਸਾਧ–ਗੁਰੂ ਦੀ ਸਰਨ (ਰੱਖ) । ਮਗਨ–ਡੁੱਬੇ ਹੋਏ । ਕੂਪ–ਖੂਹ । ਅੰਧ–ਅੰਨ੍ਹਾ । ਗੁਰ–ਹੇ ਗੁਰੂ ! ੪ ।

ਅਰਥ :–(ਹੇ ਭਾਈ ! ਜੇਹੜੀ ਮਾਇਆ) ਇਸ ਲੋਕ ਅਤੇ ਪਰਲੋਕ ਵਿਚ ਕਿਤੇ

ਭੀ ਸਾਥ ਨਹੀਂ ਨਿਬਾਹੁੰਦੀ (ਜੀਵ ਉਸ ਨਾਲ ਸਦਾ ਮੋਹ ਪਾਈ ਰੱਖਦਾ ਹੈ) । ਜਿਸ ਪਰਮਾਤਮਾ ਨੇ ਇਹ ਸਾਰਾ ਜਗਤ ਪੈਦਾ ਕੀਤਾ ਹੈ, ਉਸ ਨਾਲ ਕੋਈ ਵਿਰਲਾ ਮਨੁੱਖ ਪਿਆਰ ਬਣਾਂਦਾ ਹੈ । ੧ । ਰਹਾਉ ।

ਹੇ ਭਾਈ ! ਜਿਸ ਪਰਮਾਤਮਾ ਨੇ ਤੈਨੂੰ (ਪਹਿਲਾਂ ਮਾਂ ਦੇ ਪੇਟ ਵਿਚ) ਬੰਨ੍ਹ ਕੇ ਰੱਖਿਆ ਹੋਇਆ ਸੀ, ਫਿਰ (ਮਾਂ ਦੇ ਪੇਟ ਵਿਚੋਂ ਕੱਢ ਕੇ ਜਗਤ ਵਿਚ ਲਿਆ ਕੇ ਜਗਤ ਦੇ) ਸੁਖਾਂ ਵਿਚ ਲਿਆ ਵਸਾਇਆ ਹੈ, ਉਸ ਦੇ ਸੋਹਣੇ ਚਰਨ ਸਦਾ ਸਿਮਰਦਾ ਰਹੁ । (ਇਸ ਤਰ੍ਹਾਂ ਸਦਾ) ਸ਼ਾਂਤ-ਚਿੱਤ ਰਹਿ ਸਕੀਦਾ ਹੈ । ੧ ।

ਹੇ ਭਾਈ ! (ਵਿਕਾਰਾਂ ਦੀ) ਗਰਮੀ ਅਤੇ (ਨਾਮ ਦੀ) ਠੰਢਕ ਪਰਮਾਤਮਾ ਆਪ ਹੀ ਬਣਾਂਦਾ ਹੈ, ਉਹ (ਆਪ ਹੀ ਵਿਕਾਰਾਂ ਦੀ) ਤਪਸ਼ ਵਿਚੋਂ ਕੱਢਦਾ ਹੈ । ਉਹੋ ਪ੍ਰਭੂ ਕੀੜੀ (ਨਾਚੀਜ਼ ਜੀਵ ਤੋਂ) ਹਾਥੀ (ਮਾਣ-ਆਦਰ ਵਾਲਾ) ਬਣਾ ਦੇਂਦਾ ਹੈ, (ਆਪਣੇ ਚਰਨਾਂ ਨਾਲੋਂ) ਟੁੱਟੇ ਹੋਏ ਜੀਵ ਨੂੰ ਉਹ ਆਪ ਹੀ (ਬਾਹੋਂ) ਫੜ ਕੇ (ਆਪਣੇ ਚਰਨਾਂ ਨਾਲ) ਗੰਢ ਲੈਂਦਾ ਹੈ (ਉਸੇ ਦੀ ਸਰਨ ਪਿਆ ਰਹੁ) । ੨ ।

(ਹੇ ਭਾਈ ! ਦੁਨੀਆ ਵਿਚ) ਅੰਡੇ ਤੋਂ ਪੈਦਾ ਹੋਏ ਜੀਵ, ਜਿਓਰ ਤੋਂ ਜੰਮੇ ਹੋਏ ਜੀਵ, ਪਸੀਨੇ ਤੋਂ ਪੈਦਾ ਹੋਏ ਜੀਵ, ਸਾਰੀ ਬਨਾਸਪਤੀ–ਇਹ ਸਾਰੀ ਪਰਮਾਤਮਾ ਦੀ ਹੀ ਪੈਦਾ ਕੀਤੀ ਹੋਈ ਰਚਨਾ ਹੈ । ਉਸ ਪਰਮਾਤਮਾ ਦਾ ਨਾਮ (ਇਸ ਰਚਨਾ ਤੋਂ) ਨਿਰਮੋਹ ਰਹਿ ਕੇ ਸਿਮਰਨਾ ਚਾਹੀਦਾ ਹੈ–ਇਹ ਕਮਾਈ ਕਰਨ ਨਾਲ (ਜੀਵਨ ਦੇ) ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ । ੩ ।

ਹੇ ਪ੍ਰਭੂ ! ਅਸਾਂ ਜੀਵਾਂ ਪਾਸੋਂ ਕੁਝ ਭੀ ਨਹੀਂ ਹੋ ਸਕਦਾ(ਸਾਨੂੰ) ਗੁਰੂ ਦੀ ਸਰਨ ਪਾਈ ਰੱਖ । ਹੇ ਨਾਨਕ ! (ਅਰਦਾਸ ਕਰਿਆ ਕਰ–)ਹੇ ਗੁਰੂ ! ਅਸੀ ਜੀਵ ਮਾਇਆ ਦੇ ਮੋਹ ਵਿਚ ਡੁੱਬੇ ਰਹਿੰਦੇ ਹਾਂ, (ਸਾਨੂੰ ਮੋਹ ਦੇ ਇਸ) ਹਨੇਰੇ ਖੂਹ ਵਿਚੋਂ ਕੱਢ ਲੈ । ੪ । ੩ । ੯੦ ।

ਬਿਲਾਵਲੁ ਮਹਲਾ ੫ ॥ ਖੋਜਤ ਖੋਜਤ ਮੈ ਫਿਰਾ ਖੋਜਉ ਬਨ ਥਾਨ॥ ਅਛਲ ਅਛੇਦ ਅਭੇਦ ਪ੍ਰਭ ਐਸੇ ਭਗਵਾਨ॥੧॥ ਕਬ ਦੇਖਉ ਪ੍ਰਭੁ ਆਪਨਾ ਆਤਮ ਕੈ ਰੰਗਿ ॥ ਜਾਗਨ ਤੇ ਸੁਪਨਾ ਭਲਾ ਬਸੀਐ ਪ੍ਰਭ ਸੰਗਿ ॥ ੧ ॥ ਰਹਾਉ ॥ ਬਰਨ ਆਸ੍ਰਮ ਸਾਸਤ੍ਰ ਸੁਨਉ ਦਰਸਨ ਕੀ ਪਿਆਸ ॥ ਰੂਪੁ ਨ ਰੇਖ ਨ ਪੰਚ ਤਤ ਠਾਕੁਰ ਅਬਿਨਾਸ ॥ ੨ ॥ ਓਹੁ ਸਰੂਪੁ ਸੰਤਨ ਕਹਹਿ ਵਿਰਲੇ ਜੋਗੀਸੁਰ ॥ ਕਰਿ ਕਿਰਪਾ ਜਾ ਕਉ ਮਿਲੇ ਧਨਿ ਧਨਿ ਤੇ ਈਸੁਰ ॥ ੩ ॥ ਸੋ ਅੰਤਰਿ ਸੋ ਬਾਹਰੇ ਬਿਨਸੇ ਤਹ ਭਰਮਾ ॥ ਨਾਨਕ ਤਿਸੁ ਪ੍ਰਭੁ

ਭੇਟਿਆ ਜਾ ਕੈ ਪੂਰਨ ਕਰਮਾ ॥ ੪ ॥ ੩੧ ॥ ੬੧ ॥ [ਪੰਨਾ ੮੧੬]

ਪਦ ਅਰਥ :–ਫਿਰਾ–ਫਿਰਾਂ, ਮੈਂ ਫਿਰਦਾ ਹਾਂ। ਖੋਜਉ–ਖੋਜਉਂ, ਮੈਂ ਖੋਜਦਾ ਹਾਂ। ਥਾਨ–(ਅਨੇਕਾਂ) ਥਾਂ। ਅਛੇਦ–ਅ-ਛੇਦ, ਜਿਸ ਦਾ ਨਾਸ ਨਾਂਹ ਹੋ ਸਕੇ। ਅਭੇਦ–ਅ-ਭੇਦ, ਜਿਸ ਦਾ ਭੇਦ ਨਾਂਹ ਪੈ ਸਕੇ। ੧।

ਕਬ–ਕਦੋਂ ? ਦੇਖਉ–ਦੇਖਉਂ, ਮੈਂ ਵੇਖਾਂ। ਕੈ ਰੰਗਿ–ਦੇ ਰੰਗ ਵਿਚ।ਬਸੀਐ–ਜੇ ਵੱਸ ਸਕੀਏ। ੧। ਰਹਾਉ।

ਬਰਨ–ਚਾਰ ਵਰਨ (ਬ੍ਰਾਹਮਣ, ਖੱਤਰੀ, ਵੈਸ਼, ਸ਼ੂਦਰ)। ਆਸ੍ਰਮ–ਚਾਰ ਆਸ਼੍ਰਮ (ਬ੍ਰਹਮਚਰਜ, ਗ੍ਰਿਹਸਤ, ਵਾਨਪ੍ਰਸਥ, ਸੰਨਿਆਸ)। ਸੁਨਉ–ਸੁਨਉਂ, ਮੈਂ ਸੁਣਦਾ ਹਾਂ। ੨।

ਕਹਹਿ–ਦੱਸਦੇ ਹਨ। ਜੋਗੀਸੁਰ–[ਜੋਗੀ-ਈਸੁਰ] ਜੋਗੀਰਾਜ। ਕਰਿ–ਕਰ ਕੇ। ਜਾ ਕਉ–ਜਿਸ ਨੂੰ। ਤੇ–ਉਹ [ਬਹੁ ਵਚਨ]। ਈਸੁਰ–ਵੱਡੇ ਮਨੁੱਖ। ੩।

ਅੰਤਰਿ–(ਹਰੇਕ ਜੀਵ ਦੇ) ਅੰਦਰ। ਬਾਹਰੇ–ਬਾਹਰਿ, ਸਭ ਤੋਂ ਵੱਖਰਾ। ਤਹ–ਉਥੇ, ਉਸ ਵਿਚ (ਟਿਕਿਆਂ)। ਭੇਟਿਆ–ਮਿਲਿਆ। ਤਿਸੁ–ਉਸ (ਮਨੁਖ) ਨੂੰ। ਕਰਮਾ–ਭਾਗ। ੪।

ਅਰਥ:–(ਹੇ ਭਾਈ ! ਮੈਨੂੰ ਹਰ ਵੇਲੇ ਇਹ ਤਾਂਘ ਰਹਿੰਦੀ ਹੈ ਕਿ)ਆਪਣੀ ਜਿੰਦ ਦੇ ਚਾਉ ਨਾਲ ਕਦੋਂ ਮੈਂ ਆਪਣੇ (ਪਿਆਰੇ) ਪ੍ਰਭੂ ਨੂੰ ਵੇਖ ਸਕਾਂਗਾ। (ਜੇ ਰਾਤ ਨੂੰ ਸੁੱਤੇ ਪਿਆਂ ਸੁਪਨੇ ਵਿਚ ਹੀ) ਪ੍ਰਭੂ ਦੇ ਨਾਲ ਵੱਸ ਸਕੀਏ, ਤਾਂ ਇਸ ਜਾਗਦੇ ਰਹਿਣ ਨਾਲੋਂ (ਸੁੱਤੇ ਪਿਆਂ ਉਹ) ਸੁਪਨਾ ਚੰਗਾ ਹੈ। ੧। ਰਹਾਉ।

(ਹੇ ਭਾਈ ! ਪ੍ਰਭੂ ਨੂੰ) ਲੱਭਦਾ ਲੱਭਦਾ ਮੈਂ (ਹਰ ਪਾਸੇ) ਫਿਰਦਾ ਰਹਿੰਦਾ ਹਾਂ, ਮੈਂ ਕਈ ਜੰਗਲ ਅਨੇਕਾਂ ਥਾਂ ਖੋਜਦਾ ਫਿਰਦਾ ਹਾਂ (ਪਰ ਮੈਨੂੰ ਪ੍ਰਭੂ ਕਿਤੇ ਭੀ ਨਹੀਂ ਲੱਭਦਾ। ਮੈਂ ਸੁਣਿਆ ਹੈ ਕਿ ਉਹ) ਭਗਵਾਨ ਪ੍ਰਭੂ ਜੀ ਇਹੋ ਜਿਹੇ ਹਨ ਕਿ ਉਸ ਨੂੰ ਮਾਇਆ ਛਲ ਨਹੀਂ ਸਕਦੀ,ਉਹ ਨਾਸ-ਰਹਿਤ ਹੈ, ਅਤੇ ਉਸ ਦਾ ਭੇਦ ਨਹੀਂ ਪਾਇਆ ਜਾ ਸਕਦਾ ।੧।

(ਹੇ ਭਾਈ ! ਪ੍ਰਭੂ ਦਾ ਦਰਸ਼ਨ ਕਰਨ ਵਾਸਤੇ) ਮੈਂ ਚਹੁਆਂ ਵਰਨਾਂ ਅਤੇ ਚਹੁਆਂ ਆਸ਼੍ਰਮਾਂ ਦੇ ਕਰਮ ਕਰਦਾ ਹਾਂ, ਸ਼ਾਸਤ੍ਰਾਂ (ਦੇ ਉਪਦੇਸ਼ ਭੀ) ਸੁਣਦਾ ਹਾਂ (ਪਰ ਦਰਸਨ ਨਹੀਂ ਹੁੰਦਾ) ਦਰਸਨ ਦੀ ਲਾਲਸਾ ਬਣੀ ਹੀ ਰਹਿੰਦੀ ਹੈ। (ਹੇ ਭਾਈ!)ਉਸ ਅਬਿਨਾਸੀ ਠਾਕੁਰ-ਪ੍ਰਭੂ ਦਾ ਨਾਹ ਕੋਈ ਰੂਪ ਚਿਹਨ-ਚੱਕ੍ਰ ਹੈ ਅਤੇ ਨਾਹ ਹੀ ਉਹ (ਜੀਵਾਂ ਵਾਂਗ) ਪੰਜ ਤੱਤਾਂ ਤੋਂ ਬਣਿਆ ਹੈ। ੨।

(ਹੇ ਭਾਈ !) ਕਿਰਪਾ ਕਰ ਕੇ ਪ੍ਰਭੂ ਆਪ ਹੀ ਜਿਨ੍ਹਾਂ ਨੂੰ ਮਿਲਦਾ ਹੈ, ਉਹ ਵੱਡੇ

ਜੋਗੀ ਹਨ ਉਹ ਵੱਡੇ ਭਾਗਾਂ ਵਾਲੇ ਹਨ। ਉਹ ਵਿਰਲੇ ਜੋਗੀਰਾਜ ਹੀ ਉਹ ਸੰਤ ਜਨ ਹੀ (ਉਸ ਪ੍ਰਭੂ ਦਾ) ਉਹ ਸਰੂਪ ਬਿਆਨ ਕਰਦੇ ਹਨ (ਕਿ ਉਸ ਦਾ ਕੋਈ ਰੂਪ ਰੇਖ ਨਹੀਂ ਹੈ)। ੩।

(ਹੇ ਭਾਈ! ਵਿਰਲੇ ਸੰਤ ਜਨ ਹੀ ਦੱਸਦੇ ਹਨ ਕਿ) ਉਹ ਪ੍ਰਭੂ ਸਭ ਜੀਵਾਂ ਦੇ ਅੰਦਰ ਵੱਸਦਾ ਹੈ, ਅਤੇ ਉਹ ਸਭਨਾਂ ਤੋਂ ਵੱਖਰਾ ਭੀ ਹੈ, ਉਸ ਪ੍ਰਭੂ ਦੇ ਚਰਨਾਂ ਵਿਚ ਜੁੜਿਆਂ ਸਾਰੇ ਭਰਮ-ਵਹਿਮ ਨਾਸ ਹੋ ਜਾਂਦੇ ਹਨ। ਹੇ ਨਾਨਕ! ਜਿਸ ਮਨੁੱਖ ਦੇ ਪੂਰਨ ਭਾਗ ਜਾਗ ਪੈਂਦੇ ਹਨ ਉਸ ਨੂੰ ਉਹ ਪ੍ਰਭੂ (ਆਪ ਹੀ) ਮਿਲ ਪੈਂਦਾ ਹੈ।੪।੩੧।੬੧।

ਬਿਲਾਵਲੁ ਮਹਲਾ ੫ ॥ ਜੀਅ ਜੰਤ ਸੁਪ੍ਰਸੰਨ ਭਏ ਦੇਖਿ ਪ੍ਰਭ ਪਰਤਾਪ ॥ ਕਰਜੁ ਉਤਾਰਿਆ ਸਤਿਗੁਰੂ ਕਰਿ ਆਹਰੁ ਆਪ॥ ੧ ॥ ਖਾਤ ਖਰਚਤ ਨਿਬਹਤ ਰਹੇ ਗੁਰ ਸਬਦੁ ਅਖੂਟ ॥ ਪੂਰਨ ਭਈ ਸਮਗਰੀ ਕਬਹੂ ਨਹੀ ਤੂਟ ॥ ੧ ॥ਰਹਾਉ ॥ ਸਾਧ ਸੰਗਿ ਆਰਾਧਨਾ ਹਰਿ ਨਿਧਿ ਆਪਾਰ॥ ਧਰਮ ਅਰਥ ਅਰੁ ਕਾਮ ਮੋਖ ਦੇਤੇ ਨਹੀ ਬਾਰ ॥ ੨ ॥ ਭਗਤ ਅਰਾਧਹਿ ਏਕ ਰੰਗਿ ਗੋਬਿੰਦ ਗੁਪਾਲ ॥ ਰਾਮ ਨਾਮ ਧਨੁ ਸੰਚਿਆ ਜਾ ਕਾ ਨਹੀ ਸੁਮਾਰ ॥ ੩ ॥ ਸਰਨਿ ਪਰੇ ਪ੍ਰਭ ਤੇਰੀਆ ਪ੍ਰਭ ਕੀ ਵਡਿਆਈ ॥ ਨਾਨਕ ਅੰਤੁ ਨ ਪਾਈਐ ਬੇਅੰਤ ਗੁਸਾਈ ॥੪॥੩੨॥੬੨॥ [ਪੰਨਾ ੮੧੬]

ਪਦ ਅਰਥ :-ਜੀਅ ਜੰਤ-(ਉਹ) ਸਾਰੇ ਜੀਵ। ਸੁਪ੍ਰਸੰਨ-ਬਹੁਤ ਪ੍ਰਸੰਨ, ਨਿਹਾਲ। ਦੇਖਿ-ਵੇਖ ਕੇ। ਪਰਤਾਪ-ਵਡਿਆਈ। ਕਰਜੁ-ਵਿਕਾਰਾਂ ਦਾ ਭਾਰ। ਕਰਿ-ਕਰ ਕੇ। ਆਹਰੁ-ਉੱਦਮ। ੧।

ਖਾਤ-ਖਾਂਦਿਆਂ। ਖਰਚਤ-ਵੰਡਦਿਆਂ। ਨਿਬਹਤ ਰਹੈ-ਉਮਰ ਬੀਤਦੀ ਰਹਿੰਦੀ ਹੈ। ਅਖੂਟ-ਕਦੇ ਨਾਂਹ ਮੁੱਕਣ ਵਾਲੀ। ਸਮਗਰੀ-(ਕੋਈ ਸੁਆਦਲਾ ਭੋਜਨ ਜਿਵੇਂ ਕੜਾਹ ਪ੍ਰਸ਼ਾਦ ਆਦਿਕ ਤਿਆਰ ਕਰਨ ਲਈ ਲੋੜੀਂਦੀ) ਰਸਦ। ਪੂਰਨ ਭਈ-ਲੋੜ ਅਨੁਸਾਰ ਇਕੱਠੀ ਹੋ ਜਾਂਦੀ ਹੈ। ਤੂਟ-ਤੋਟ, ਘਾਟ। ੧। ਰਹਾਉ।

ਸਾਧ ਸੰਗਿ-ਗੁਰੂ ਦੀ ਸੰਗਤਿ ਵਿਚ। ਨਿਧਿ-ਖ਼ਜ਼ਾਨਾ। ਆਪਾਰ-ਬੇਅੰਤ। ਅਰੁ-ਅਤੇ। ਬਾਰ-ਚਿਰ। ੨।

ਅਰਾਧਹਿ-ਸਿਮਰਦੇ ਹਨ। ਰੰਗਿ-ਪ੍ਰੇਮ ਵਿਚ। ਸੰਚਿਆ-ਇਕੱਠਾ ਕਰ ਲਿਆ। ਜਾ ਕਾ-ਜਿਸ (ਧਨ) ਦਾ। ਸੁਮਾਰ-ਸ਼ੁਮਾਰ, ਅੰਦਾਜ਼ਾ। ੩।

ਪ੍ਰਭ-ਹੇ ਪ੍ਰਭੂ! ਗੁਸਾਈ-ਧਰਤੀ ਦਾ ਖਸਮ। ੪।

ਅਰਥ :-ਹੇ ਭਾਈ! ਗੁਰੂ ਦਾ ਸ਼ਬਦ (ਆਤਮਕ ਜੀਵਨ ਦੇ ਪਲ੍ਰਨ ਵਾਸਤੇ

ਇਕ ਐਸਾ ਭੋਜਨ ਹੈ ਜੋ) ਕਦੇ ਨਹੀਂ ਮੁੱਕਦਾ। (ਜਿਸ ਮਨੁੱਖ ਦੀ ਉਮਰ ਇਹ ਭੋਜਨ ਆਪ) ਵਰਤਦਿਆਂ (ਅਤੇ ਹੋਰਨਾਂ ਨੂੰ) ਵੰਡਦਿਆਂ ਗੁਜ਼ਰਦੀ ਹੈ, ਉਸ ਦੇ ਪਾਸ (ਇਸ) ਰਸਦ ਦੇ ਭੰਡਾਰ ਭਰੇ ਰਹਿੰਦੇ ਹਨ, (ਇਸ ਰਸਦ ਵਿਚ) ਕਦੇ ਭੀ ਤੋਟ ਨਹੀਂ ਆਉਂਦੀ ।੧।ਰਹਾਉ।

ਹੇ ਭਾਈ! ਗੁਰੂ ਨੇ ਆਪ ਉੱਦਮ ਕਰ ਕੇ (ਜਿਸ ਜਿਸ ਜੀਵ ਨੂੰ ਗੁਰ-ਸ਼ਬਦ ਦੀ ਦਾਤਿ ਦੇ ਕੇ ਉਹਨਾਂ ਦੇ ਸਿਰ ਉਤੇ ਪਿਛਲੇ ਜਨਮਾਂ ਦੇ ਕੀਤੇ ਹੋਏ) ਵਿਕਾਰਾਂ ਦਾ ਭਾਰ ਲਾਹ ਦਿੱਤਾ, ਉਹ ਸਾਰੇ ਜੀਵ ਪਰਮਾਤਮਾ ਦੀ ਪ੍ਰਤੱਖ ਵਡਿਆਈ ਵੇਖ ਕੇ ਨਿਹਾਲ ਹੋ ਜਾਂਦੇ ਹਨ।੧।

(ਇਸੇ ਵਾਸਤੇ, ਹੇ ਭਾਈ!) ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, ਇਹ ਇਕ ਐਸਾ ਖ਼ਜ਼ਾਨਾ ਹੈ ਜੋ ਕਦੇ ਨਹੀਂ ਮੁੱਕਦਾ। (ਦੁਨੀਆ ਵਿਚ) ਧਰਮ, ਅਰਥ, ਕਾਮ, ਮੋਖ (ਇਹ ਚਾਰ ਹੀ ਪ੍ਰਸਿੱਧ ਅਮੋਲਕ ਪਦਾਰਥ ਮੰਨੇ ਗਏ ਹਨ। ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਪਟਮਾਤਮਾ ਉਸ ਨੂੰ ਇਹ ਪਦਾਰਥ) ਦੇਂਦਿਆਂ ਚਿਰ ਨਹੀਂ ਲਾਂਦਾ।੨।

ਹੇ ਭਾਈ! ਗੋਬਿੰਦ ਗੁਪਾਲ ਦੇ ਭਗਤ ਇਕ-ਰਸ ਪ੍ਰੇਮ-ਰੰਗ ਵਿਚ ਟਿਕ ਕੇ ਉਸ ਦਾ ਨਾਮ ਸਿਮਰਦੇ ਹਨ। ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਧਨ (ਇਤਨਾ) ਇਕੱਠਾ ਕਰਦੇ ਰਹਿੰਦੇ ਹਨ ਕਿ ਉਸ ਦਾ ਅੰਦਾਜ਼ਾ ਨਹੀਂ ਲੱਗ ਸਕਦਾ।੩।

ਹੇ ਪ੍ਰਭੂ! (ਤੇਰੇ ਭਗਤ ਤੇਰੀ ਕਿਰਪਾ ਨਾਲ) ਤੇਰੀ ਸਰਨ ਪਏ ਰਹਿੰਦੇ ਹਨ। (ਹੇ ਭਾਈ! ਪ੍ਰਭੂ ਦੇ ਭਗਤ) ਪ੍ਰਭੂ ਦੀ ਸਿਫ਼ਤਿ ਸਾਲਾਹ ਹੀ ਕਰਦੇ ਰਹਿੰਦੇ ਹਨ। ਹੇ ਨਾਨਕ! ਜਗਤ ਦੇ ਖਸਮ ਪ੍ਰਭੂ ਦੇ ਗੁਣ ਬੇਅੰਤ ਹਨ, ਉਹਨਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।੪।੩੨।੬੨।

ਬਿਲਾਵਲੁ ਮਹਲਾ ੫॥ ਸਿਮਰਿ ਸਿਮਰਿ ਪੂਰਨ ਪ੍ਰਭੂ ਕਾਰਜ ਭਏ ਰਾਸਿ॥ ਕਰਤਾਰ ਪੁਰਿ ਕਰਤਾ ਵਸੈ ਸੰਤਨ ਕੈ ਪਾਸਿ॥੧॥ ਰਹਾਉ॥ ਬਿਘਨੁ ਨ ਕੋਊ ਲਾਗਤਾ ਗੁਰ ਪਹਿ ਅਰਦਾਸਿ॥ ਰਖਵਾਲਾ ਗੋਬਿੰਦ ਰਾਇ ਭਗਤਨ ਕੀ ਰਾਸਿ॥੧॥ ਤੋਟਿ ਨ ਆਵੈ ਕਦੇ ਮੂਲਿ ਪੂਰਨ ਭੰਡਾਰ॥ ਚਰਨ ਕਮਲ ਮਨਿ ਤਨਿ ਬਸੇ ਪ੍ਰਭ ਅਗਮ ਅਪਾਰ॥੨॥ ਬਸਤ ਕਮਾਵਤ ਸਭਿ ਸੁਖੀ ਕਿਛੁ ਊਨ ਨ ਦੀਸੈ॥ਸੰਤ ਪ੍ਰਸਾਦਿ ਭੇਟੇ ਪ੍ਰਭੂ ਪੂਰਨ ਜਗਦੀਸੈ॥੩॥ ਜੈਜੈਕਾਰੁ ਸਭੈ ਕਰਹਿ ਸਚੁ ਥਾਨੁ ਸੁਹਾਇਆ॥ ਜਪਿ ਨਾਨਕ ਨਾਮੁ ਨਿਧਾਨ ਸੁਖ ਪੂਰਾ ਗੁਰੁ ਪਾਇਆ॥੪॥੩੩॥੬੩॥[ਪੰਨਾ ੮੧੬]

ਪਦ ਅਰਥ :-ਸਿਮਰਿ-ਸਿਮਰ ਕੇ। ਪੂਰਨ-ਸਾਰੇ ਗੁਣਾਂ ਨਾਲ ਭਰਪੂਰ। ਕਾਰਜ-(ਸਾਰੇ) ਕੰਮ। ਭਏ ਰਾਸਿ-ਸਫਲ ਹੋ ਜਾਂਦੇ ਹਨ। ਕਰਤਾਰ ਪੁਰਿ-ਕਰਤਾਰ ਦੇ ਸ਼ਹਿਰ ਵਿਚ, ਉਸ ਅਸਥਾਨ ਵਿਚ ਜਿਥੇ ਕਰਤਾਰ ਸਦਾ ਵੱਸਦਾ ਹੈ, ਸਾਧ ਸੰਗਤਿ ਵਿਚ। ਕਰਤਾ-ਪਰਮਾਤਮਾ। ੧। ਰਹਾਉ।

ਬਿਘਨੁ-ਰੁਕਾਵਟ। ਕੋਊ-ਕੋਈ ਭੀ। ਪਹਿ-ਪਾਸ। ਰਾਇ-ਰਾਜਾ। ਰਾਸਿ-ਸਰਮਾਇਆ। ੧।

ਤੋਟਿ-ਘਾਟ।ਨ ਮੂਲਿ-ਬਿਲਕੁਲ ਨਹੀਂ। ਪੂਰਨ-ਭਰੇ ਹੋਏ। ਭੰਡਾਰ-ਖ਼ਜ਼ਾਨੇ। ਮਨਿ-ਮਨ ਵਿਚ। ਤਨਿ-ਤਨ ਵਿਚ। ਅਗਮ-ਅਪਹੁੰਚ। ਅਪਾਰ-ਬੇਅੰਤ। ੨।

ਬਸਤ-(ਸਾਧ ਸੰਗਤਿ ਵਿਚ, ਕਰਤਾਰ ਦੇ ਸ਼ਹਿਰ ਵਿਚ) ਵੱਸਦਿਆਂ। ਸਭਿ-ਸਾਰੇ। ਊਨ-ਕਮੀ, ਘਾਟਾ। ਸੰਤ ਪ੍ਰਸਾਦਿ-ਗੁਰੂ ਦੀ ਕਿਰਪਾ ਨਾਲ। ਭੇਟੇ-ਮਿਲ ਪੈਂਦੇ ਹਨ। ਜਗਦੀਸੈ-ਜਗਤ ਦਾ ਮਾਲਕ। ੩।

ਜੈ ਜੈਕਾਰੁ-ਸੋਭਾ, ਵਡਿਆਈ। ਕਰਹਿ-ਕਰਦੇ ਹਨ। ਸਚੁ-ਸਦਾ ਕਾਇਮ ਰਹਿਣ ਵਾਲਾ। ਸੁਹਾਇਆ-ਸੋਹਣਾ। ਜਪਿ-ਜਪ ਕੇ। ਨਿਧਾਨ ਸੁਖ-ਸੁਖਾਂ ਦੇ ਖ਼ਜ਼ਾਨੇ। ੪।

ਅਰਥ :-ਹੇ ਭਾਈ! ਸਾਧ ਸੰਗਤਿ ਵਿਚ ਪਰਮਾਤਮਾ (ਆਪ) ਵੱਸਦਾ ਹੈ, ਆਪਣੇ ਸੰਤ ਜਨਾਂ ਦੇ ਅੰਗ-ਸੰਗ ਵੱਸਦਾ ਹੈ। (ਸਾਧ ਸੰਗਤਿ ਵਿਚ) ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ (ਦਾ ਨਾਮ) ਸਿਮਰ ਸਿਮਰ ਕੇ (ਮਨੁੱਖ ਦੇ) ਸਾਰੇ ਕੰਮ ਸਫਲ ਹੋ ਜਾਂਦੇ ਹਨ। ੧। ਰਹਾਉ।

ਹੇ ਭਾਈ! ਪ੍ਰਭੂ ਪਾਤਿਸ਼ਾਹ ਆਪਣੇ ਸੰਤ ਜਨਾਂ ਦਾ (ਸਦਾ) ਆਪ ਰਾਖਾ ਹੈ, ਪ੍ਰਭੂ (ਦਾ ਨਾਮ) ਸੰਤ ਜਨਾਂ ਦਾ ਸਰਮਾਇਆ ਹੈ। (ਜੇਹੜੇ ਭੀ ਮਨੁੱਖ ਸਾਧ ਸੰਗਤਿ ਵਿਚ ਆ ਕੇ) ਗੁਰੂ ਦੇ ਦਰ ਤੇ ਅਰਦਾਸ ਕਰਦੇ ਰਹਿੰਦੇ ਹਨ, (ਉਹਨਾਂ ਦੀ ਜ਼ਿੰਦਗੀ ਦੇ ਰਸਤੇ ਵਿਚ) ਕੋਈ ਰੁਕਾਵਟ ਨਹੀਂ ਪੈਂਦੀ। ੧।

(ਹੇ ਭਾਈ! ਸਾਧ ਸੰਗਤਿ ਇਕ ਐਸਾ ਅਸਥਾਨ ਹੈ ਜਿਥੇ ਬਖ਼ਸ਼ਸ਼ਾਂ ਦੇ) ਭੰਡਾਰੇ ਭਰੇ ਰਹਿੰਦੇ ਹਨ, (ਉਥੇ ਇਹਨਾਂ ਬਖ਼ਸ਼ਸ਼ਾਂ ਦੀ) ਕਦੇ ਭੀ ਤੋਟ ਨਹੀਂ ਆਉਂਦੀ। (ਜੇਹੜਾ ਭੀ ਮਨੁੱਖ ਸਾਧ ਸੰਗਤਿ ਵਿਚ ਨਿਵਾਸ ਰੱਖਦਾ ਹੈ, ਉਸ ਦੇ) ਮਨ ਵਿਚ (ਉਸ ਦੇ) ਹਿਰਦੇ ਵਿਚ ਅਪਹੁੰਚ ਤੇ ਬੇਅੰਤ ਪ੍ਰਭੂ ਦੇ ਸੋਹਣੇ ਚਰਣ ਟਿਕੇ ਰਹਿੰਦੇ ਹਨ। ੨।

(ਹੇ ਭਾਈ! ਜੇਹੜੇ ਭੀ ਮਨੁੱਖ ਸਾਧ ਸੰਗਤਿ ਵਿਚ) ਨਿਵਾਸ ਰੱਖਦੇ ਹਨ ਅਤੇ ਨਾਮ-ਸਿਮਰਨ ਦੀ ਕਮਾਈ ਕਰਦੇ ਹਨ, ਉਹ ਸਾਰੇ ਸੁਖੀ ਰਹਿੰਦੇ ਹਨ, ਉਹਨਾਂ ਨੂੰ ਕਿਸੇ ਗੱਲੇ ਕੋਈ ਥੁੜ ਨਹੀਂ ਦਿੱਸਦੀ। ਗੁਰੂ ਦੀ ਕਿਰਪਾ ਨਾਲ ਉਹਨਾਂ ਨੂੰ ਜਗਤ ਦੇ ਮਾਲਕ

ਪੂਰਨ ਪ੍ਰਭੂ ਜੀ ਮਿਲ ਪੈਂਦੇ ਹਨ । ੩ ।

(ਹੇ ਭਾਈ ! ਜੇਹੜੇ ਮਨੁੱਖ ਸਾਧ ਸੰਗਤਿ ਵਿਚ ਟਿਕਦੇ ਹਨ)ਸਾਰੇ ਲੋਕ (ਉਹਨਾਂ ਦੀ) ਸੋਭਾ-ਵਡਿਆਈ ਕਰਦੇ ਹਨ । ਸਾਧ ਸੰਗਤਿ ਇਕ ਐਸਾ ਸੋਹਣਾ ਥਾਂ ਹੈ ਜੋ ਸਦਾ ਕਾਇਮ ਰਹਿਣ ਵਾਲਾ ਹੈ ।ਹੇ ਨਾਨਕ ! (ਸਾਧ ਸੰਗਤਿ ਦੀ ਬਰਕਤਿ ਨਾਲ) ਸਾਰੇ ਸੁਖਾਂ ਦੇ ਖ਼ਜ਼ਾਨੇ ਹਰਿ-ਨਾਮ ਨੂੰ ਜਪ ਕੇ ਪੂਰੇ ਗੁਰੂ ਦਾ (ਸਦਾ ਲਈ) ਮਿਲਾਪ ਪ੍ਰਾਪਤ ਕਰ ਲਈਦਾ ਹੈ । ੪ । ੩੩ । ੬੩ ।

ਬਿਲਾਵਲੁ ਮਹਲਾ ੫ ॥ ਹਰਿ ਹਰਿ ਹਰਿ ਆਰਾਧੀਐ ਹੋਈਐ ਆਰੋਗ ॥ ਰਾਮਚੰਦ ਕੀ ਲਸਟਿਕਾ ਜਿਨਿ ਮਾਰਿਆ ਰੋਗੁ ॥ ੧ ॥ ਰਹਾਉ ॥ ਗੁਰੁ ਪੂਰਾ ਹਰਿ ਜਾਪੀਐ ਨਿਤ ਕੀਚੈ ਭੋਗੁ ॥ ਸਾਧ ਸੰਗਤਿ ਕੈ ਵਾਰਣੈ ਮਿਲਿਆ ਸੰਜੋਗੁ ॥ ੧ ॥ ਜਿਸੁ ਸਿਮਰਤ ਸੁਖੁ ਪਾਈਐ ਬਿਨਸੈ ਬਿਓਗੁ ॥ ਨਾਨਕ ਪ੍ਰਭ ਸਰਣਾਗਤੀ ਕਰਣ ਕਾਰਣ ਜੋਗੁ ॥ ੨॥ ੩੪ ॥ ੬੪ ॥ [ਪੰਨਾ ੮੧੭]

ਪਦ ਅਰਥ :–ਆਰਾਧੀਐ–ਆਰਾਧਨਾ ਕਰਨੀ ਚਾਹੀਦੀ ਹੈ । ਹੋਈਐ–ਹੋ ਜਾਈਦਾ ਹੈ। ਆਰੋਗ–ਅਰੋਗ, ਨਰੋਏ । ਲਸਟਿਕਾ–ਲਾਠੀ, ਸੋਟੀ, ਰਾਜ-ਦੰਡ। ਜਿਨਿ–ਜਿਸ (ਹਰਿ-ਆਰਾਧਨ) ਨੇ । ਮਾਰਿਆ–ਮੁਕਾ ਦਿੱਤਾ । ੧ । ਰਹਾਉ ।

ਜਾਪੀਐ–ਜਪਣਾ ਚਾਹੀਦਾ ਹੈ । ਨਿਤ–ਸਦਾ । ਕੀਚੈ–ਕਰ ਸਕੀਦਾ ਹੈ । ਭੋਗੁ– ਆਤਮਕ ਆਨੰਦ । ਕੈ ਵਾਰਣੈ–ਤੋਂ ਸਦਕੇ । ਸੰਜੋਗ–ਮਿਲਾਪ ਦਾ ਅਵਸਰ । ੧ ।

ਪਾਈਐ–ਪਾ ਲਈਦਾ ਹੈ । ਬਿਓਗੁ–ਵਿਛੋੜਾ । ਸਰਣਾਗਤੀ–ਸਰਨ ਪੈਣਾ ਚਾਹੀਦਾ ਹੈ । ਜੋਗੁ–ਸਮਰੱਥ । ਕਰਣ–ਜਗਤ ।ਕਰਣ ਕਾਰਣ ਜੋਗੁ–ਜਗਤ ਦੀ ਰਚਨਾ ਕਰਨ ਦੇ ਸਮਰੱਥ । ੨ ।

ਅਰਥ :–ਹੇ ਭਾਈ ! ਸਦਾ ਹੀ ਪਰਮਾਤਮਾ ਦਾ ਨਾਮ ਸਿਮਰਨਾ ਚਾਹੀਦਾ ਹੈ, (ਸਿਮਰਨ ਦੀ ਬਰਕਤਿ ਨਾਲ ਵਿਕਾਰ ਆਦਿਕ)ਰੋਗਾਂ ਤੋਂ ਰਹਿਤ ਹੋ ਜਾਈਦਾ ਹੈ।ਇਹ ਸਿਮਰਨ ਹੀ ਸ੍ਰੀ ਰਾਮਚੰਦ੍ਰ ਜੀ ਦੀ ਸੋਟੀ ਹੈ (ਜਿਸ ਸੋਟੀ ਦੇ ਡ਼ਰ ਕਰਕੇ ਕੋਈ ਦੁਸ਼ਟ ਸਿਰ ਨਹੀਂ ਚੁੱਕ ਸਕਦਾ ਸੀ) । ਇਸ (ਸਿਮਰਨ) ਨੇ (ਹਰੇਕ ਸਿਮਰਨ ਕਰਨ ਵਾਲੇ ਦੇ ਅੰਦਰੋਂ ਹਰੇਕ) ਰੋਗ ਦੂਰ ਕਰ ਦਿੱਤਾ ਹੈ । ੧ ।

ਹੇ ਭਾਈ ! ਪੂਰੇ ਗੁਰੂ ਦੀ ਸਰਨ ਪੈਣਾ ਚਾਹੀਦਾ ਹੈ ਅਤੇ ਪ੍ਰਭੂ ਦਾ ਨਾਮ ਜਪਣਾ ਚਾਹੀਦਾ ਹੈ । (ਇਸ ਤਰ੍ਹਾਂ) ਸਦਾ ਆਤਮਕ ਆਨੰਦ ਮਾਣ ਸਕੀਦਾ ਹੈ ।ਗੁਰੂ ਦੀ ਸੰਗਤਿ ਤੋਂ ਕੁਰਬਾਨ ਜਾਣਾ ਚਾਹੀਦਾ ਹੈ (ਸਾਧ ਸੰਗਤਿ ਦੀ ਕਿਰਪਾ ਨਾਲ) ਪਰਮਾਤਮਾ ਦੇ

ਮਿਲਾਪ ਦਾ ਅਵਸਰ ਬਣਦਾ ਹੈ। ੧।

ਹੇ ਨਾਨਕ ! ਉਸ ਪ੍ਰਭੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ, ਜੋ ਜਗਤ ਦੀ ਰਚਨਾ ਕਰਨ ਦੇ ਸਮਰੱਥ ਹੈ, ਜਿਸ ਦਾ ਸਿਮਰਨ ਕੀਤਿਆਂ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਅਤੇ ਪ੍ਰਭੂ ਨਾਲੋਂ ਵਿਛੋੜਾ ਦੂਰ ਹੋ ਜਾਂਦਾ ਹੈ। ੨। ੩੪। ੬੪।

ਨੋਟ :–ਇਹ ਉਪਰਲਾ ਸੰਗ੍ਰਹ ੩੪ ਸ਼ਬਦਾਂ ਦਾ ਹੈ ਇਸ ਵਿਚ ਪਹਿਲੇ ੩੩ ਚਉਪਦੇ (ਚਾਰ ਬੰਦਾਂ ਵਾਲੇ ਸ਼ਬਦ) ਹਨ, ਅਖ਼ੀਰਲਾ ਸ਼ਬਦ ਦੋ ਬੰਦਾਂ ਵਾਲਾ ਹੈ।

ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੫

ੴ ਸਤਿਗੁਰ ਪ੍ਰਸਾਦਿ ॥ ਅਵਰਿ ਉਪਾਵ ਸਭਿ ਤਿਆਗਿਆ ਦਾਰੂ ਨਾਮੁ ਲਇਆ॥ਤਾਪ ਪਾਪ ਸਭਿ ਮਿਟੇ ਰੋਗੁ, ਸੀਤਲ ਮਨੁ ਭਇਆ॥ ੧ ॥ ਗੁਰੁ ਪੂਰਾ ਆਰਾਧਿਆ ਸਗਲਾ ਦੁਖੁ ਗਇਆ ॥ ਰਾਖਨਹਾਰੈ ਰਾਖਿਆ ਅਪਨੀ ਕਰਿ ਮਇਆ ॥ ੧॥ ਰਹਾਉ ॥ ਬਾਹ ਪਕੜਿ ਪ੍ਰਭਿ ਕਾਢਿਆ ਕੀਨਾ ਅਪਨਇਆ॥ ਸਿਮਰਿ ਸਿਮਰਿ ਮਨ ਤਨ ਸੁਖੀ ਨਾਨਕ ਨਿਰਭਇਆ ॥ ੨ ॥ ੧ ॥ ੬੫ ॥ [ਪੰਨਾ ੮੧੭]

ਨੋਟ–ਦੁਪਦੇ–ਦੋ ਬੰਦਾਂ ਵਾਲੇ ਸ਼ਬਦ।

ਪਦ ਅਰਥ :–ਅਵਰਿ–[ਲਫ਼ਜ਼ 'ਅਵਰ' ਤੋਂ ਬਹੁ ਵਚਨ]ਹੋਰ ਸਾਰੇ।ਉਪਾਵ–[ਲਫ਼ਜ਼ 'ਉਪਾਉ' ਤੋਂ ਬਹੁ ਵਚਨ] ਜਤਨ। ਸਭਿ–ਸਾਰੇ। ਦਾਰੂ–ਦਵਾਈ। ਸੀਤਲ–ਸ਼ਾਂਤ। ਭਇਆ–ਹੋ ਗਿਆ। ੧।

ਆਰਾਧਿਆ–ਹਿਰਦੇ ਵਿਚ ਵਸਾਇਆ। ਸਗਲਾ–ਸਾਰਾ । ਰਾਖਨਹਾਰੈ–ਰੱਖ ਸਕਣ ਵਾਲੇ ਪ੍ਰਭੂ ਨੇ। ਕਰਿ–ਕਰ ਕੇ। ਮਇਆ–ਦਇਆ। ੧। ਰਹਾਉ।

ਪਕੜਿ–ਫੜ ਕੇ। ਪ੍ਰਭਿ–ਪ੍ਰਭੂ ਨੇ। ਅਪਨਇਆ–ਆਪਣਾ। ਸਿਮਰਿ–ਸਿਮਰ ਕੇ। ਨਿਰਭਇਆ–ਨਿਰਭਉ। ੨।

ਅਰਥ :–ਹੇ ਭਾਈ ! ਜੇਹੜਾ ਮਨੁੱਖ ਪੂਰੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ, ਉਸ ਦਾ ਸਾਰਾ ਦੁੱਖ-ਕਲੇਸ਼ ਦੂਰ ਹੋ ਜਾਂਦਾ ਹੈ, (ਕਿਉਂਕਿ) ਰੱਖਿਆ ਕਰਨ ਦੇ ਸਮਰੱਥ ਪਰਮਾਤਮਾ ਨੇ (ਉਸ ਉਤੇ) ਕਿਰਪਾ ਕਰ ਕੇ (ਦੁੱਖਾਂ ਕਲੇਸ਼ਾਂ ਤੋਂ ਸਦਾ)ਉਸ ਦੀ ਰੱਖਿਆ ਕੀਤੀ ਹੈ। ੧। ਰਹਾਉ।

(ਹੇ ਭਾਈ ! ਜਿਸ ਮਨੁੱਖ ਨੇ ਸਿਰਫ਼ ਗੁਰੂ ਦਾ ਪੱਲਾ ਫੜਿਆ ਹੈ, ਹੋਰ ਸਾਰੇ ਹੀਲੇ ਛੱਡ ਦਿੱਤੇ ਹਨ ਅਤੇ ਪਰਮਾਤਮਾ ਦਾ ਨਾਮ (ਹੀ) ਦਵਾਈ ਵਰਤੀ ਹੈ, ਉਸ ਦੇ ਸਾਰੇ ਦੁੱਖ-ਕਲੇਸ਼, ਸਾਰੇ ਪਾਪ, ਸਾਰੇ ਰੋਗ ਮਿਟ ਗਏ ਹਨ; ਉਸ ਦਾ ਮਨ (ਵਿਕਾਰਾਂ

ਦੀ ਤਪਸ਼ ਤੋਂ ਬਚ ਕੇ) ਠੰਢਾ-ਠਾਰ ਹੋਇਆ ਹੈ । ੧ ।

(ਹੇ ਭਾਈ ! ਜਿਸ ਮਨੁੱਖ ਨੇ ਗੁਰੂ ਨੂੰ ਆਪਣੇ ਹਿਰਦੇ ਵਿਚ ਵਸਾਇਆ ਹੈ) ਪ੍ਰਭੂ ਨੇ (ਉਸ ਦੀ) ਬਾਂਹ ਫੜ ਕੇ ਉਸ ਨੂੰ ਆਪਣਾ ਬਣਾ ਲਿਆ ਹੈ। ਹੇ ਨਾਨਕ ! ਪ੍ਰਭੂ ਦਾ ਨਾਮ ਸਿਮਰ ਸਿਮਰ ਕੇ ਉਸ ਦਾ ਮਨ ਉਸ ਦਾ ਹਿਰਦਾ ਆਨੰਦ-ਭਰਪੂਰ ਹੋ ਗਿਆ ਹੈ, ਅਤੇ ਉਸ ਨੂੰ (ਤਾਪ ਪਾਪ ਰੋਗ ਆਦਿਕਾਂ ਦਾ) ਕੋਈ ਡਰ ਨਹੀਂ ਰਹਿ ਜਾਂਦਾ । ੨ । ੧ । ੬੫ ।

ਬਿਲਾਵਲੁ ਮਹਲਾ ੫ ॥ ਕਰੁ ਧਰਿ ਮਸਤਕਿ ਥਾਪਿਆ ਨਾਮੁ ਦੀਨੋ ਦਾਨਿ ॥ ਸਫਲ ਸੇਵਾ ਪਾਰਬ੍ਰਹਮ ਕੀ ਤਾ ਕੀ ਨਹੀ ਹਾਨਿ ॥ ੧ ॥ ਆਪੇ ਹੀ ਪ੍ਰਭੁ ਰਾਖਤਾ ਭਗਤਨ ਕੀ ਆਨਿ ॥ ਜੋ ਜੋ ਚਿਤਵਹਿ ਸਾਧ ਜਨ ਸੋ ਲੇਤਾ ਮਾਨਿ ॥ ੧ ॥ ਰਹਾਉ ॥ ਸਰਣਿ ਪਰੇ ਚਰਣਾਰਬਿੰਦ ਜਨ ਪ੍ਰਭ ਕੇ ਪ੍ਰਾਨ ॥ ਸਹਜਿ ਸੁਭਾਇ ਨਾਨਕ ਮਿਲੇ ਜੋਤੀ ਜੋਤਿ ਸਮਾਨ ॥ ੨ ॥ ੨ ॥ ੬੬ ॥ [ਪੰਨਾ ੮੧੭]

ਪਦ ਅਰਥ :—ਕਰੁ—ਹੱਥ [ਇਕ ਵਚਨ]। ਧਰਿ—ਧਰ ਕੇ। ਮਸਤਕਿ—ਮੱਥੇ ਉੱਤੇ। ਥਾਪਿਆ—ਥਾਪਣਾ ਦਿੱਤੀ। ਦਾਨਿ—ਦਾਨ ਦੇ ਤੌਰ ਤੇ। ਤਾ ਕੀ—ਉਸ (ਸੇਵਾ) ਦਾ। ਹਾਨਿ—ਨੁਕਸਾਨ। ੧।

ਆਪੇ—ਆਪ ਹੀ। ਆਨਿ—ਇੱਜ਼ਤ, ਲਾਜ। ਚਿਤਵਹਿ—ਚਿਤਵਦੇ ਹਨ, ਮਨ ਵਿਚ ਧਾਰਦੇ ਹਨ। ਲੇਤਾ ਮਾਨਿ—ਮੰਨ ਲੈਂਦਾ ਹੈ। ੧। ਰਹਾਉ।

ਚਰਣਾਰਬਿੰਦ—[ਚਰਣ-ਅਰਬਿੰਦ। ਅਰਬਿੰਦ—ਕੌਲ-ਫੁੱਲ] ਕੌਲ ਫੁੱਲ ਵਰਗੇ ਸੋਹਣੇ ਚਰਨ। ਪ੍ਰਾਨ—ਜਿੰਦ (ਵਰਗੇ ਪਿਆਰੇ)। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰੇਮ ਵਿਚ। ਸਮਾਨ—ਲੀਨ ਹੋ ਜਾਂਦੀ ਹੈ। ਜੋਤੀ—ਪਰਮਾਤਮਾ। ੨।

ਅਰਥ :—ਹੇ ਭਾਈ ! ਆਪਣੇ ਭਗਤਾਂ ਦੀ ਇੱਜ਼ਤ ਪਰਮਾਤਮਾ ਆਪ ਹੀ ਬਚਾਂਦਾ ਹੈ। ਪਰਮਾਤਮਾ ਦੇ ਭਗਤ ਜੋ ਕੁਝ ਆਪਣੇ ਮਨ ਵਿਚ ਧਾਰਦੇ ਹਨ, ਪਰਮਾਤਮਾ ਉਹੀ ਕੁਝ ਮੰਨ ਲੈਂਦਾ ਹੈ। ੧। ਰਹਾਉ।

ਹੇ ਭਾਈ ! (ਪ੍ਰਭੂ ਆਪਣੇ ਭਗਤ ਜਨਾਂ ਦੇ) ਮੱਥੇ ਉੱਤੇ (ਆਪਣਾ) ਹੱਥ ਧਰ ਕੇ ਉਹਨਾਂ ਨੂੰ ਥਾਪਣਾ ਦੇਂਦਾ ਹੈ ਅਤੇ ਬਖ਼ਸ਼ਸ਼ ਦੇ ਤੌਰ ਤੇ (ਉਹਨਾਂ ਨੂੰ ਆਪਣਾ) ਨਾਮ ਦੇਂਦਾ ਹੈ। ਹੇ ਭਾਈ ! ਪਰਮਾਤਮਾ ਦੀ ਕੀਤੀ ਹੋਈ ਸੇਵਾ-ਭਗਤੀ ਜੀਵਨ-ਮਨੋਰਥ ਪੂਰਾ ਕਰਦੀ ਹੈ, ਇਹ ਕੀਤੀ ਹੋਈ ਸੇਵਾ-ਭਗਤੀ ਵਿਅਰਥ ਨਹੀਂ ਜਾਂਦੀ। ੧।

ਹੇ ਭਾਈ ! ਜੇਹੜੇ ਸੰਤ ਜਨ ਪ੍ਰਭੂ ਦੇ ਸੋਹਣੇ ਚਰਨਾਂ ਦਾ ਆਸਰਾ ਲੈਂਦੇ ਹਨ, ਉਹ

ਪ੍ਰਭੂ ਨੂੰ ਜਿੰਦ ਵਰਗੇ ਪਿਆਰੇ ਹੋ ਜਾਂਦੇ ਹਨ। ਹੇ ਨਾਨਕ! ਉਹ ਸੰਤ ਜਨ ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰੇਮ ਵਿਚ ਟਿਕ ਕੇ ਪ੍ਰਭੂ ਨਾਲ ਮਿਲ ਜਾਂਦੇ ਹਨ। ਉਹਨਾਂ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ।੨।੨।੬੬।

ਨੋਟ : ਦੋ ਬੰਦਾਂ ਵਾਲੇ ਸ਼ਬਦਾਂ ਦੇ ਇਸ ਨਵੇਂ ਸੰਗ੍ਰਹ ਦਾ ਇਹ ਦੂਜਾ ਸ਼ਬਦ ਹੈ।

ਬਿਲਾਵਲੁ ਮਹਲਾ ੫ ।। ਚਰਣ ਕਮਲ ਕਾ ਆਸਰਾ ਦੀਨੋ ਪ੍ਰਭਿ ਆਪਿ ।। ਪ੍ਰਭ ਸਰਣਾਗਤਿ ਜਨ ਪਰੇ ਤਾ ਕਾ ਸਦ ਪਰਤਾਪੁ ॥੧॥ ਰਾਖਨਹਾਰ ਅਪਾਰ ਪ੍ਰਭ ਤਾ ਕੀ ਨਿਰਮਲ ਸੇਵ ।। ਰਾਮ ਰਾਜ ਰਾਮਦਾਸ ਪੁਰਿ ਕੀਨ੍ਹੇ ਗੁਰਦੇਵ॥੧॥ਰਹਾਉ॥ਸਦਾ ਸਦਾ ਹਰਿ ਧਿਆਈਐ ਕਿਛੁ ਬਿਘਨੁ ਨ ਲਾਗੈ ।। ਨਾਨਕ ਨਾਮੁ ਸਲਾਹੀਐ ਭਇ ਦੁਸਮਨ ਭਾਗੈ।।੨।।੩।।੬੭।।

[ਪੰਨਾ ੮੧੭]

ਪਦ ਅਰਥ :–ਪ੍ਰਭਿ–ਪ੍ਰਭੂ ਨੇ। ਤਾ ਕਾ–(ਪ੍ਰਭੂ) ਦਾ।੧।

ਰਾਖਨਹਾਰ–ਰੱਖਿਆ ਕਰਨ ਦੀ ਸਮਰੱਥਾ ਵਾਲਾ । ਤਾ ਕੀ ਸੇਵ–ਉਸ(ਪ੍ਰਭੂ ਦੀ ਸੇਵਾ-ਭਗਤੀ। ਨਿਰਮਲ–ਪਵਿੱਤਰ। ਰਾਮਦਾਸ ਪੁਰਿ–ਰਾਮ ਦੇ ਦਾਸਾਂ ਦੇ ਸ਼ਹਿਰ ਵਿਚ, ਸਤਸੰਗੀਆਂ ਦੇ ਟਿਕਣ ਵਾਲੇ ਥਾਂ ਵਿਚ, ਸਾਧ ਸੰਗਤਿ ਵਿਚ। ਰਾਮ ਰਾਜ– ਰੂਹਾਨੀ ਰਾਜ।੧। ਰਹਾਉ।

ਸਲਾਹੀਐ–ਸਲਾਹੁਣਾ ਚਾਹੀਦਾ ਹੈ। ਭਇ–ਭੈ, (ਨਾਮ ਤੋਂ) ਡਰ ਨਾਲ।੨।

ਅਰਥ :–ਹੇ ਭਾਈ! ਗੁਰੂ ਨੇ ਸਾਧ ਸੰਗਤਿ ਵਿਚ ਰੂਹਾਨੀ ਰਾਜ ਕਾਇਮ ਕਰ ਦਿੱਤਾ ਹੈ। ਪ੍ਰਭੂ ਬੇਅੰਤ ਅਤੇ ਰੱਖਿਆ ਕਰਨ ਦੇ ਸਮਰੱਥ ਹੈ, (ਸਾਧ ਸੰਗਤਿ ਵਿਚ ਟਿਕ ਕੇ ਕੀਤੀ ਹੋਈ) ਉਸ ਦੀ ਸੇਵਾ-ਭਗਤੀ (ਜੀਵਨ ਨੂੰ) ਪਵਿੱਤਰ (ਬਣਾ ਦੇਂਦੀ ਹੈ)।੧।ਰਹਾਉ।

ਹੇ ਭਾਈ! (ਜਿਨ੍ਹਾਂ ਸੇਵਕਾਂ ਨੂੰ ਸਾਧ ਸੰਗਤਿ ਵਿਚ) ਪ੍ਰਭੂ ਨੇ ਆਪ ਆਪਣੇ ਸੋਹਣੇ ਚਰਨਾਂ ਦਾ ਆਸਰਾ ਦਿੱਤਾ ਹੈ, ਉਹ ਸੇਵਕ ਉਸ ਦਾ ਸਦਾ ਕਾਇਮ ਰਹਿਣ ਵਾਲਾ ਪਰਤਾਪ ਵੇਖ ਕੇ ਉਸ ਦੀ ਸਰਨ ਪਏ ਰਹਿੰਦੇ ਹਨ।੧।

ਹੇ ਨਾਨਕ! (ਸਾਧ ਸੰਗਿਤ ਵਿਚ ਟਿਕ ਕੇ) ਸਦਾ ਹੀ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ (ਇਸ ਤਰ੍ਹਾਂ ਜੀਵਨ ਦੇ ਰਸਤੇ ਵਿਚ) ਕੋਈ ਰੁਕਾਵਟ ਨਹੀਂ ਪੈਂਦੀ। ਪਰਮਾਤਮਾ ਦੇ ਨਾਮ ਦੀ ਵਡਿਆਈ ਕਰਨੀ ਚਾਹੀਦੀ ਹੈ (ਪ੍ਰਭੂ ਦੇ) ਡਰ ਦੇ ਕਾਰਨ (ਕਾਮਾਦਿਕ) ਸਾਰੇ ਵੈਰੀ ਨੱਸ ਜਾਂਦੇ ਹਨ।੨।੩।੬੭।

ਬਿਲਾਵਲੁ ਮਹਲਾ ੫ ।। ਮਨਿ ਤਨਿ ਪ੍ਰਭੁ ਆਰਾਧੀਐ ਮਿਲਿ ਸਾਧ ਸਮਾਗੈ ।। ਉਚਰਤ ਗੁਨ ਗੋਪਾਲ ਜਸੁ ਦੂਰ ਤੇ ਜਮੁ ਭਾਗੈ ।।੧।।

ਰਾਮ ਨਾਮੁ ਜੋ ਜਨੁ ਜਪੈ ਅਨਦਿਨੁ ਸਦ ਜਾਗੈ ॥ ਤੰਤੁ ਮੰਤੁ ਨਹ ਜੋਹਈ ਤਿਤੁ ਚਾਖੁ ਨ ਲਾਗੈ ॥੧॥ਰਹਾਉ॥ ਕਾਮ ਕ੍ਰੋਧ ਮਦ ਮਾਨ ਮੋਹ ਬਿਨਸੇ ਅਨ ਰਾਗੈ ॥ ਆਨੰਦ ਮਗਨ ਰਸਿ ਰਾਮ ਰੰਗਿ ਨਾਨਕ ਸਰਨਾਗੈ ॥੨॥੪॥੯੮॥

[ਪੰਨਾ ੮੧੭]

ਪਦ ਅਰਥ :-ਮਨਿ-ਮਨ ਵਿਚ । ਤਨਿ-ਤਨ ਵਿਚ, ਹਿਰਦੇ ਵਿਚ । ਆਰਾਧੀਐ-ਆਰਾਧਨਾ ਚਾਹੀਦਾ ਹੈ। ਮਿਲਿ-ਮਿਲ ਕੇ । ਸਾਧ ਸਮਾਗੈ-ਸਾਧ-ਸਮਾਗਮ ਵਿਚ, ਸਾਧ ਸੰਗਤਿ ਵਿਚ । ਉਚਰਤ-ਉਚਾਰਦਿਆਂ । ਜਸੁ-ਸਿਫ਼ਤਿ ਸਾਲਾਹ । ਤੇ-ਤੋਂ । ੧ ।

ਅਨਦਿਨੁ-ਹਰ ਰੋਜ਼, ਹਰ ਵੇਲੇ । ਸਦ-ਸਦਾ । ਜਾਗੈ-(ਵਿਕਾਰਾਂ ਵਲੋਂ) ਸੁਚੇਤ ਰਹਿੰਦਾ ਹੈ । ਤੰਤੁ ਮੰਤੁ-ਜਾਦੂ ਟੂਣਾ । ਜੋਹਈ-ਜੋਹੈ, ਤੱਕ ਸਕਦਾ, ਅਸਰ ਕਰ ਸਕਦਾ। ਤਿਤੁ-ਉਸ (ਮਨੁੱਖ) ਉੱਤੇ । ਚਾਖੁ-ਭੈੜੀ ਨਜ਼ਰ । ੧ । ਰਹਾਉ ।

ਮਦ ਮਾਨ-ਅਹੰਕਾਰ ਦੀ ਮਸਤੀ । ਮਦ-ਮਸਤੀ । ਅਨ ਰਾਗੈ-ਹੋਰ ਹੋਰ ਮੋਹ-ਪਿਆਰ । ਮਗਨ-ਮਸਤ । ਰਸਿ-ਰਸ ਵਿਚ, ਸੁਆਦ ਵਿਚ । ਰੰਗਿ-ਪ੍ਰੇਮ ਵਿਚ । ੨ ।

ਅਰਥ :-ਹੇ ਭਾਈ ! ਜੇਹੜਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਉਹ ਹਰ ਵੇਲੇ ਸਦਾ (ਵਿਕਾਰਾਂ ਵਲੋਂ) ਸੁਚੇਤ ਰਹਿੰਦਾ ਹੈ। ਕੋਈ ਜਾਦੂ ਟੂਣਾ ਉਸ ਉਤੇ ਅਸਰ ਨਹੀਂ ਕਰ ਸਕਦਾ, ਕੋਈ ਭੈੜੀ ਨਜ਼ਰ ਉਸ ਨੂੰ ਨਹੀਂ ਲੱਗ ਸਕਦੀ । ੧ । ਰਹਾਉ।

ਹੇ ਭਾਈ ! ਸਾਧ ਸੰਗਤਿ ਵਿਚ ਮਿਲ ਕੇ ਮਨ ਨਾਲ ਹਿਰਦੇ ਨਾਲ ਪਰਮਾਤਮਾ ਦਾ ਆਰਾਧਨ ਕਰਦੇ ਰਹਿਣਾ ਚਾਹੀਦਾ ਹੈ ।ਜਗਤ ਦੇ ਰੱਖਿਅਕ ਪ੍ਰਭੂ ਦੇ ਗੁਣ ਅਤੇ ਜਸ ਉਚਾਰਦਿਆਂ ਜਮ (ਭੀ) ਦੂਰ ਤੋਂ ਹੀ ਭੱਜ ਜਾਂਦਾ ਹੈ । ੧ ।

ਹੇ ਨਾਨਕ !ਜੇਹੜਾ ਮਨੁੱਖ ਪਰਮਾਤਮਾ ਦੇ ਨਾਮ ਦੇ ਰਸ ਵਿਚ ਟਿਕਿਆ ਰਹਿੰਦਾ ਹੈ,ਪ੍ਰਭੂ ਦੇ ਪ੍ਰੇਮ ਵਿਚ ਮਸਤ ਰਹਿੰਦਾ ਹੈ, ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਉਹ ਸਦਾ ਆਤਮਕ ਆਨੰਦ ਵਿਚ ਮਸਤ ਰਹਿੰਦਾ ਹੈ। (ਉਸ ਦੇ ਅੰਦਰੋਂ) ਕਾਮ, ਕ੍ਰੋਧ, ਅਹੰਕਾਰ ਦੀ ਮਸਤੀ, ਮੋਹ, ਹੋਰ ਹੋਰ ਪਦਾਰਥਾਂ ਦੇ ਚਸਕੇ ਸਭ ਨਾਸ ਹੋ ਜਾਂਦੇ ਹਨ ।੨।੪।੯੮।

ਬਿਲਾਵਲੁ ਮਹਲਾ ੫ ॥ ਜੀਅ ਜੁਗਤਿ ਵਸਿ ਪ੍ਰਭੂ ਕੈ ਜੋ ਕਹੈ ਸੁ ਕਰਨਾ ॥ ਭਏ ਪ੍ਰਸੰਨ ਗੋਪਾਲਰਾਇ ਭਉ ਕਿਛੁ ਨਹੀ ਕਰਨਾ ॥ ੧ ॥ ਦੂਖ ਨ ਲਾਗੈ ਕਦੇ ਤੁਧੁ ਪਾਰਬ੍ਰਹਮੁ ਚਿਤਾਰੇ ॥ ਜਮ ਕੰਕਰੁ ਨੇੜਿ ਨ ਆਵਈ ਗੁਰ ਸਿਖ ਪਿਆਰੇ॥੧॥ਰਹਾਉ ॥ ਕਰਣ ਕਾਰਨ ਸਮਰਥੁ ਹੈ ਤਿਸੁ ਬਿਨੁ ਨਹੀ ਹੋਰੁ ॥ ਨਾਨਕ ਪ੍ਰਭ ਸਰਣਾਗਤੀ ਸਾਚਾ ਮਨਿ ਜੋਰੁ ॥੨॥੫॥੯੯॥

[ਪੰਨਾ ੮੧੮]

ਪਦ ਅਰਥ :–ਜੀਅ ਜੁਗਤਿ–ਜੀਵਾਂ ਦੀ ਜ਼ਿੰਦਗੀ ਗੁਜ਼ਾਰਨ ਦਾ ਢੰਗ। ਵਸਿ–ਵੱਸ ਵਿਚ। ਕੈ ਵਸਿ–ਦੇ ਵੱਸ ਵਿਚ। ਕਹੈ–ਆਖਦਾ ਹੈ, ਪ੍ਰੇਰਨਾ ਕਰਦਾ ਹੈ। ਗੋਪਾਲ ਰਾਇ–ਜਗਤ ਦਾ ਪਾਲਕ ਪਾਤਿਸ਼ਾਹ। ਭਉ–ਡਰ। ੧।

ਚਿਤਾਰੇ–ਚਿਤਾਰਿ, ਚਿੱਤ ਵਿਚ ਵਸਾਈ ਰੱਖ।ਜਮ ਕੰਕਰੁ–ਜਮ ਕਿੰਕਰੁ, ਜਮ ਦਾ ਸੇਵਕ, ਜਮਦੂਤ। ਆਵਈ–ਆਵਏ,ਆਵੈ, ਆਉਂਦਾ। ਗੁਰ ਸਿਖ–ਹੇ ਗੁਰੂ ਦੇ ਸਿੱਖ! ਪਿਆਰੇ–ਹੇ ਪਿਆਰੇ ! ੧। ਰਹਾਉ।

ਕਰਣ–ਜਗਤ। ਕਰਣ–ਮੂਲ। ਕਾਰਣ ਕਾਰਨ ਸਮਰਥੁ–ਜਗਤ ਦੀ ਰਚਨਾ ਕਰਨ ਦੀ ਤਾਕਤ ਵਾਲਾ। ਸਾਚਾ–ਸਦਾ ਕਾਇਮ ਰਹਿਣ ਵਾਲਾ। ਮਨਿ–ਮਨ ਵਿਚ। ਜੋਰੁ–ਤਾਕਤ, ਬਲ, ਆਸਰਾ। ੨।

ਅਰਥ :–ਹੇ ਪਿਆਰੇ ਗੁਰਸਿੱਖ ! ਪਰਮਾਤਮਾ ਨੂੰ ਆਪਣੇ ਚਿੱਤ ਵਿਚ ਵਸਾਈ ਰੱਖ, ਤੈਨੂੰ ਕਦੇ ਭੀ ਕੋਈ ਦੁੱਖ ਪੋਹ ਨਹੀਂ ਸਕੇਗਾ, (ਦੁੱਖ ਤਾਂ ਕਿਤੇ ਰਹੇ) ਜਮਦੂਤ (ਭੀ) ਤੇਰੇ ਨੇੜੇ ਨਹੀਂ ਆਵੇਗਾ। ੧। ਰਹਾਉ।

ਹੇ ਭਾਈ ! ਅਸਾਂ ਜੀਵਾਂ ਦੀ ਜੀਵਨ-ਜੁਗਤਿ ਪਰਮਾਤਮਾ ਦੇ ਵੱਸ ਵਿਚ ਹੈ, ਜੋ ਕੁਝ ਕਰਨ ਵਾਸਤੇ ਉਹ ਸਾਨੂੰ ਪ੍ਰੇਰਨਾ ਕਰਦਾ ਹੈ ਉਹੀ ਅਸੀ ਕਰ ਸਕਦੇ ਹਾਂ। ਜਿਸ ਮਨੁੱਖ ਉਤੇ ਜਗਤ-ਪਾਲ ਪਾਤਿਸ਼ਾਹ ਦਇਆਵਾਨ ਹੁੰਦਾ ਹੈ, ਉਸ ਨੂੰ ਕੋਈ ਡਰ ਕਰਨ ਦੀ ਲੋੜ ਨਹੀਂ ਰਹਿੰਦੀ। ੧।

ਹੇ ਨਾਨਕ ! ਪ੍ਰਭੂ ਹੀ ਜਗਤ ਦੀ ਰਚਨਾ ਕਰਨ ਦੀ ਤਾਕਤ ਵਾਲਾ ਹੈ, ਉਸ ਤੋਂ ਬਿਨਾ ਕੋਈ ਹੋਰ (ਇਹੋ ਜਿਹੀ ਸਮਰਥਾ ਵਾਲਾ) ਨਹੀਂ ਹੈ। ਅਸੀ ਜੀਵ ਉਸ ਪ੍ਰਭੂ ਦੀ ਸਰਨ ਵਿਚ ਹੀ ਰਹਿ ਸਕਦੇ ਹਾਂ, (ਸਾਡੇ) ਮਨ ਵਿਚ ਉਸੇ ਦਾ ਹੀ ਸਦਾ ਕਾਇਮ ਰਹਿਣ ਵਾਲਾ ਆਸਰਾ ਹੈ। ੨। ੫। ੬੯।

ਬਿਲਾਵਲੁ ਮਹਲਾ ੫ ॥ ਸਿਮਰਿ ਸਿਮਰਿ ਪ੍ਰਭੁ ਆਪਨਾ, ਨਾਠਾ ਦੁਖ ਠਾਉ ॥ ਬਿਸ੍ਰਾਮ ਪਾਏ ਮਿਲਿ ਸਾਧ ਸੰਗਿ, ਤਾ ਤੇ ਬਹੁੜਿ ਨ ਧਾਉ॥ ੧ ॥ ਬਲਿਹਾਰੀ ਗੁਰ ਆਪਨੇ, ਚਰਨਨ੍ਹ ਬਲਿ ਜਾਉ ॥ ਅਨਦ ਸੂਖ ਮੰਗਲ ਬਨੇ, ਪੇਖਤ ਗੁਨ ਗਾਉ ॥ ੧ ॥ ਰਹਾਉ ॥ ਕਥਾ ਕੀਰਤਨੁ ਰਾਗ ਨਾਦ ਧੁਨਿ, ਇਹੁ ਬਨਿਓ ਸੁਆਉ ॥ ਨਾਨਕ ਪ੍ਰਭ ਸੁਪ੍ਰਸੰਨ ਭਏ, ਬਾਂਛਤ ਫਲ ਪਾਉ ॥੨॥੬॥੭੦॥ [ਪੰਨਾ ੮੧੮]

ਪਦ ਅਰਥ :–ਸਿਮਰਿ–ਸਿਮਰ ਕੇ। ਨਾਠਾ–ਨੱਸ ਗਿਆ ਹੈ। ਦੁਖ ਠਾਉ–ਦੁੱਖਾਂ ਦਾ ਥਾਂ। ਬਿਸ੍ਰਾਮ–ਟਿਕਾਣਾ। ਮਿਲਿ–ਮਿਲ ਕੇ। ਸਾਧ ਸੰਗਿ–ਗੁਰੂ ਦੀ ਸੰਗਤਿ

ਵਿਚ। ਤਾ ਤੇ—ਉਸ (ਸਾਧ ਸੰਗਤਿ) ਤੋਂ। ਬਹੁੜਿ—ਮੁੜ। ਨ ਧਾਉ—ਨ ਧਾਊਂ, ਮੈਂ ਨਹੀਂ ਦੌੜਦਾ। ੧।

ਬਲਿਹਾਰੀ—ਕੁਰਬਾਨ। ਬਲਿ ਜਾਉ—ਬਲਿ ਜਾਊਂ, ਮੈਂ ਸਦਕੇ ਜਾਂਦਾ ਹਾਂ। ਪੇਖਤ —ਦਰਸਨ ਕਰਕੇ। ਗਾਉ—ਗਾਊਂ, ਮੈਂ ਗਾਂਦਾ ਹਾਂ। ੧। ਰਹਾਉ।

ਧੁਨਿ—[ਧ੍ਵਨਿ] ਸੁਰ, ਲਗਨ। ਸੁਆਉ—ਸੁਆਰਥ, ਮਨੋਰਥ। ਸੁਪ੍ਰਸੰਨ— ਬਹੁਤ ਖ਼ੁਸ਼। ਪਾਉ—ਪਾਊਂ, ਮੈਂ ਪਾ ਰਿਹਾ ਹਾਂ। ੨।

ਅਰਥ :—ਹੇ ਭਾਈ! ਮੈਂ ਆਪਣੇ ਗੁਰੂ ਤੋਂ ਕੁਰਬਾਨ ਜਾਂਦਾ ਹਾਂ, ਮੈਂ (ਆਪਣੇ ਗੁਰੂ ਦੇ) ਚਰਨਾਂ ਤੋਂ ਸਦਕੇ ਜਾਂਦਾ ਹਾਂ। ਗੁਰੂ ਦਾ ਦਰਸ਼ਨ ਕਰ ਕੇ ਮੈਂ ਪ੍ਰਭੂ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਹਾਂ, ਤੇ ਮੇਰੇ ਅੰਦਰ ਸਾਰੇ ਆਨੰਦ, ਸਾਰੇ ਸੁਖ ਸਾਰੇ ਚਾਉ-ਹੁਲਾਰੇ ਬਣੇ ਰਹਿੰਦੇ ਹਨ। ੧। ਰਹਾਉ।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਮਿਲ ਕੇ ਮੈਂ ਪ੍ਰਭੂ ਦੇ ਚਰਨਾਂ ਵਿਚ ਨਿਵਾਸ ਪ੍ਰਾਪਤ ਕਰ ਲਿਆ ਹੈ (ਇਸ ਵਾਸਤੇ) ਉਸ (ਸਾਧ ਸੰਗਤਿ) ਤੋਂ ਕਦੇ ਪਰੇ ਨਹੀਂ ਭੱਜਦਾ। (ਗੁਰੂ ਦੀ ਸੰਗਤਿ ਦੀ ਬਰਕਤਿ ਨਾਲ) ਮੈਂ ਆਪਣੇ ਪ੍ਰਭੂ ਦਾ ਹਰ ਵੇਲੇ ਸਿਮਰਨ ਕਰ ਕੇ (ਅਜੇਹੀ ਅਵਸਥਾ ਤੇ ਪਹੁੰਚ ਗਿਆ ਹਾਂ ਕਿ ਮੇਰੇ ਅੰਦਰੋਂ) ਦੁੱਖਾਂ ਦਾ ਟਿਕਾਣਾ ਹੀ ਦੂਰ ਹੋ ਗਿਆ ਹੈ। ੧।

ਹੇ ਨਾਨਕ! (ਆਖ—ਹੇ ਭਾਈ! ਗੁਰੂ ਦੀ ਕਿਰਪਾ ਨਾਲ) ਪ੍ਰਭੂ ਦੀਆਂ ਕਥਾ-ਕਹਾਣੀਆਂ, ਕੀਰਤਨ, ਸਿਫ਼ਤਿ-ਸਲਾਹ ਦੀ ਲਗਨ—ਇਹੀ ਮੇਰੀ ਜ਼ਿੰਦਗੀ ਦਾ ਨਿਸ਼ਾਨਾ ਬਣ ਗਏ ਹਨ। (ਗੁਰੂ ਦੀ ਮੇਹਰ ਨਾਲ) ਪ੍ਰਭੂ ਜੀ (ਮੇਰੇ ਉਤੇ) ਬਹੁਤ ਖ਼ੁਸ਼ ਹੋ ਗਏ ਹਨ, ਮੈਂ ਹੁਣ ਮਨ-ਮੰਗਿਆ ਫਲ ਪ੍ਰਾਪਤ ਕਰ ਰਿਹਾ ਹਾਂ। ੨। ੬। ੭੦।

ਬਿਲਾਵਲੁ ਮਹਲਾ ੫॥ ਦਾਸ ਤੇਰੇ ਕੀ ਬੇਨਤੀ ਰਿਦ ਕਰਿ ਪਰਗਾਸੁ॥ ਤੁਮ੍ਹਰੀ ਕ੍ਰਿਪਾ ਤੇ ਪਾਰਬ੍ਰਹਮ ਦੋਖਨ ਕੋ ਨਾਸੁ ॥੧॥ ਚਰਨ ਕਮਲ ਕਾ ਆਸਰਾ ਪ੍ਰਭ ਪੁਰਖ ਗੁਣਤਾਸੁ ॥ ਕੀਰਤਨ ਨਾਮੁ ਸਿਮਰਤ ਰਹਉ ਜਬ ਲਗੁ ਘਟਿ ਸਾਸੁ ॥੧॥ ਰਹਾਉ ॥ ਮਾਤ ਪਿਤਾ ਬੰਧਪ ਤੂਹੈ, ਤੂ ਸਰਬ ਨਿਵਾਸੁ ॥ ਨਾਨਕ ਪ੍ਰਭ ਸਰਣਾਗਤੀ ਜਾ ਕੋ ਨਿਰਮਲ ਜਾਸੁ॥੨॥੭॥੭੧॥

[ਪੰਨਾ ੮੧੯]

ਪਦ ਅਰਥ :—ਰਿਦ—ਰਿਦੈ, ਹਿਰਦੇ ਵਿਚ। ਪਰਗਾਸੁ—(ਆਤਮਕ ਜੀਵਨ ਦਾ) ਚਾਨਣ। ਤੇ—ਤੋਂ, ਨਾਲ। ਪਾਰਬ੍ਰਹਮ—ਹੇ ਪਰਮਾਤਮਾ। ਦੋਖ—ਐਬ, ਵਿਕਾਰ। ਦੋਖਨ ਕੋ—ਵਿਕਾਰਾਂ ਦਾ। ੧।

ਪ੍ਰਭ—ਹੇ ਪ੍ਰਭੂ! ਪੁਰਖ—ਹੇ ਸਰਬ-ਵਿਆਪਕ! ਗੁਣਤਾਸੁ—ਗੁਣਾਂ ਦਾ ਭਾਂਡਾ।

ਰਹਉ–ਰਹਉਂ। ਸਿਮਰਤ ਰਹਉ–ਮੈਂ ਸਿਮਰਦਾ ਰਹਾਂ। ਘਟਿ–(ਮੇਰੇ) ਸਰੀਰ ਵਿਚ। ਸਾਸੁ–ਸਾਹ। ੧। ਰਹਾਉ।

ਮਾਤ–ਮਾਂ। ਬੰਧਪ–ਰਿਸ਼ਤੇਦਾਰ। ਸਰਬ–ਸਾਰੇ ਜੀਵਾਂ ਵਿਚ। ਜਾਕੋ–ਜਿਸ (ਪ੍ਰਭੂ) ਦਾ। ਜਾਸੁ–ਜਸੁ, ਸਿਫ਼ਤਿ ਸਾਲਾਹ। ਨਿਰਮਲ–ਪਵਿੱਤਰ। ੨।

ਅਰਥ :–ਹੇ ਸਰਬ-ਵਿਆਪਕ ਪ੍ਰਭੂ ! ਤੂੰ (ਹੀ) ਸਾਰੇ ਗੁਣਾਂ ਦਾ ਖ਼ਜ਼ਾਨਾ ਹੈਂ। ਮੈਨੂੰ (ਤੇਰੇ) ਹੀ ਸੋਹਣੇ ਚਰਨਾਂ ਦਾ ਆਸਰਾ ਹੈ। (ਮੇਰੇ ਉਤੇ ਮੇਹਰ ਕਰ) ਜਦ ਤਕ (ਮੇਰੇ) ਸਰੀਰ ਵਿਚ ਸਾਹ (ਚੱਲ ਰਿਹਾ ਹੈ), ਮੈਂ ਤੇਰਾ ਨਾਮ ਸਿਮਰਦਾ ਰਹਾਂ, ਤੇਰੀ ਸਿਫ਼ਤਿ ਸਾਲਾਹ ਕਰਦਾ ਰਹਾਂ। ੧। ਰਹਾਉ।

ਹੇ ਪਾਰਬ੍ਰਹਮ ! (ਮੈਂ ਤੇਰਾ ਦਾਸ ਹਾਂ) ਤੇਰੇ ਦਾਸ ਦੀ (ਤੇਰੇ ਦਰ ਤੇ) ਅਰਜ਼ੋਈ ਹੈ ਕਿ ਮੇਰੇ ਹਿਰਦੇ ਵਿਚ (ਆਤਮਕ ਜੀਵਨ ਦਾ) ਚਾਨਣ ਕਰ (ਤਾਂ ਕਿ) ਤੇਰੀ ਕਿਰਪਾ ਨਾਲ (ਮੇਰੇ ਅੰਦਰੋਂ) ਵਿਕਾਰਾਂ ਦਾ ਨਾਸ ਹੋ ਜਾਏ। ੧।

ਹੇ ਪ੍ਰਭੂ ! ਤੂੰ ਹੀ ਮੇਰੀ ਮਾਂ ਹੈਂ, ਤੂੰ ਹੀ ਮੇਰਾ ਪਿਉ ਹੈਂ, ਤੂੰ ਹੀ ਮੇਰਾ ਸਾਕ-ਸੈਣ ਹੈਂ, ਤੂੰ ਸਾਰੇ ਹੀ ਜੀਵਾਂ ਵਿਚ ਵੱਸਦਾ ਹੈਂ। ਹੇ ਨਾਨਕ ! ਜਿਸ ਪ੍ਰਭੂ ਦੀ ਸਿਫ਼ਤਿ ਸਾਲਾਹ (ਜੀਵਨ) ਪਵਿੱਤਰ ਕਰ ਦੇਂਦੀ ਹੈ, ਉਸ ਦੀ ਸਰਨ ਪਏ ਰਹਿਣਾ ਚਾਹੀਦਾ ਹੈ। ੨।੭।੭੧।

ਬਿਲਾਵਲੁ ਮਹਲਾ ੫॥ ਸਰਬ ਸਿਧਿ ਹਰਿ ਗਾਈਐ ਸਭਿ ਭਲਾ ਮਨਾਵਹਿ ॥ ਸਾਧੁ ਸਾਧੁ ਮੁਖ ਤੇ ਕਹਹਿ ਸੁਣਿ ਦਾਸ ਮਿਲਾਵਹਿ ॥੧॥ ਸੂਖ ਸਹਜ ਕਲਿਆਣ ਰਸ ਪੂਰੈ ਗੁਰਿ ਕੀਨ ॥ ਜੀਅ ਸਗਲ ਦਇਆਲ ਭਏ ਹਰਿ ਹਰਿ ਨਾਮੁ ਚੀਨ੍ ॥੧॥ ਰਹਾਉ ॥ ਪੂਰਿ ਰਹਿਓ ਸਰਬਤ੍ਰ ਮਹਿ ਪ੍ਰਭ ਗੁਣੀ ਗਹੀਰ ॥ ਨਾਨਕ ਭਗਤ ਆਨੰਦ ਮੈ ਪੇਖਿ ਪ੍ਰਭ ਕੀ ਧੀਰ ॥੨॥੮॥੭੨॥ [ਪੰਨਾ ੮੧੮]

ਪਦ ਅਰਥ :–ਸਰਬ ਸਿਧਿ ਹਰਿ–ਸਾਰੀਆਂ ਸਿੱਧੀਆਂ ਦਾ ਮਾਲਕ ਪਰਮਾਤਮਾ। ਗਾਈਐ–(ਜੇ) ਸਿਫ਼ਤਿ ਸਾਲਾਹ ਕਰਦੇ ਰਹੀਏ। ਸਭਿ–ਸਾਰੇ ਲੋਕ। ਭਲਾ ਮਨਾਵਹਿ–ਭਲਾ ਮੰਗਦੇ ਹਨ। ਸਾਧੁ–ਭਲਾ ਮਨੁੱਖ, ਗੁਰਮੁਖਿ। ਤੇ–ਤੋਂ। ਕਹਹਿ–ਆਖਦੇ ਹਨ। ਸੁਣ–ਸੁਣਿ ਕੇ। ਮਿਲਾਵਹਿ–ਮਿਲਦੇ ਹਨ, ਮਿਲਹਿ। ੧।

ਸਹਜ–ਆਤਮਕ ਅਡੋਲਤਾ। ਰਸ–ਸੁਆਦ। ਪੂਰੈ ਗੁਰਿ–ਪੂਰੇ ਗੁਰੂ ਨੇ। ਜੀਅ ਸਗਲ–ਸਾਰੇ ਜੀਵਾਂ ਉਤੇ। ਦਇਆਲ–ਦਇਆਵਾਨ। ਚੀਨ੍–(ਜੇਹੜਾ ਮਨੁੱਖ) ਪਛਾਣਦਾ ਹੈ, ਸਾਂਝ ਪਾਂਦਾ ਹੈ। ੧। ਰਹਾਉ।

ਪੂਰਿ ਰਹਿਓ—ਭਰਪੂਰ ਹੈ, ਮੌਜੂਦ ਹੈ। ਸਰਬਤ੍ਰ ਮਹਿ—ਸਭਨਾਂ ਵਿਚ। ਗੁਣੀ—ਗੁਣਾਂ ਦਾ ਮਾਲਕ। ਗਹੀਰ—ਡੂੰਘਾ, ਅਥਾਹ। ਆਨੰਦ ਮੈ—ਆਨੰਦ-ਮਯ, ਆਨੰਦ-ਭਰਪੂਰ। ਪੇਖਿ—ਵੇਖ ਕੇ। ਧੀਰ—ਧਿਰ, ਆਸਰਾ। ੨।

ਅਰਥ :—ਹੇ ਭਾਈ! ਪੂਰੇ ਗੁਰੂ ਨੇ ਜਿਸ ਮਨੁੱਖ ਨੂੰ ਆਤਮਕ ਅਡੋਲਤਾ ਦੇ ਸੁਖ ਆਨੰਦ ਰਸ ਬਖ਼ਸ਼ ਦਿੱਤੇ, ਉਹ ਮਨੁੱਖ ਸਦਾ ਪਰਮਾਤਮਾ ਦੇ ਨਾਮ ਨਾਲ ਸਾਂਝ ਪਾਈ ਰੱਖਦਾ ਹੈ ਅਤੇ (ਪਰਮਾਤਮਾ ਨੂੰ ਸਰਬ-ਵਿਆਪਕ ਜਾਣਦਾ ਹੋਇਆ) ਸਾਰੇ ਜੀਵਾਂ ਉਤੇ ਦਇਆਵਾਨ ਰਹਿੰਦਾ ਹੈ। ੧। ਰਹਾਉ।

ਹੇ ਭਾਈ! ਸਾਰੀਆਂ ਸਿੱਧੀਆਂ ਦੇ ਮਾਲਕ ਪ੍ਰਭੂ ਦੀ ਸਿਫ਼ਤਿ ਸਾਲਾਹ ਕਰਦੇ ਰਹਿਣਾ ਚਾਹੀਦਾ ਹੈ, (ਜੇਹੜਾ ਮਨੁੱਖ ਸਿਫ਼ਤਿ-ਸਾਲਾਹ ਕਰਦਾ ਹੈ) ਸਾਰੇ ਲੋਕ (ਉਸ ਦੀ) ਸੁਖ ਮੰਗਦੇ ਹਨ। ਮੂੰਹੋਂ (ਸਾਰੇ ਲੋਕ ਉਸ ਨੂੰ) ਗੁਰਮੁਖਿ ਗੁਰਮੁਖਿ ਆਖਦੇ ਹਨ, (ਉਸ ਦੇ ਬਚਨ) ਸੁਣ ਕੇ ਸੇਵਕ-ਭਾਵ ਨਾਲ ਉਸ ਦੀ ਚਰਨੀਂ ਲੱਗਦੇ ਹਨ। ੧।

ਹੇ ਨਾਨਕ! (ਪ੍ਰਭੂ ਦੀ ਸਿਫ਼ਤਿ ਸਾਲਾਹ ਕਰਨ ਵਾਲੇ) ਭਗਤ ਜਨ ਪ੍ਰਭੂ ਦਾ ਆਸਰਾ ਤੱਕ ਕੇ ਸਦਾ ਆਨੰਦ-ਭਰਪੂਰ ਰਹਿੰਦੇ ਹਨ, (ਉਹਨਾਂ ਨੂੰ ਨਿਸ਼ਚਾ ਹੁੰਦਾ ਹੈ ਕਿ ਸਾਰੇ ਗੁਣਾਂ ਦਾ ਮਾਲਕ ਅਥਾਹ ਪ੍ਰਭੂ ਸਾਰੇ ਜੀਵਾਂ ਵਿਚ ਵੱਸਦਾ ਹੈ।੨।੮।੭੨।

ਬਿਲਾਵਲੁ ਮਹਲਾ ੫ ॥ ਅਰਦਾਸਿ ਸੁਣੀ ਦਾਤਾਰਿ ਪ੍ਰਭਿ ਹੋਏ ਕਿਰਪਾਲ ॥ ਰਾਖਿ ਲੀਆ ਅਪਨਾ ਸੇਵਕੋ ਮੁਖਿ ਨਿੰਦਕ ਛਾਰੁ ॥ ੧ ॥ ਤੁਝਹਿ ਨ ਜੋਹੈ ਕੋ ਮੀਤ ਜਨ, ਤੂੰ ਗੁਰ ਕਾ ਦਾਸ॥ਪਾਰਬ੍ਰਹਮਿ ਤੂ ਰਾਖਿਆ ਦੇ ਅਪਨੇ ਹਾਥ ॥ ੧ ॥ਰਹਾਉ॥ ਜੀਅਨ ਕਾ ਦਾਤਾ ਏਕੁ ਹੈ ਬੀਆ ਨਹੀ ਹੋਰੁ ॥ ਨਾਨਕ ਕੀ ਬੇਨੰਤੀਆ ਮੈ ਤੇਰਾ ਜੋਰੁ ॥੨॥੯॥੭੩॥ [ਪੰਨਾ ੮੧੮]

ਪਦ ਅਰਥ :—ਦਾਤਾਰਿ—ਦਾਤਾਰ ਨੇ। ਪ੍ਰਭਿ—ਪ੍ਰਭੂ ਨੇ। ਰਾਖਿ ਲੀਆ—ਰੱਖਿਆ ਕੀਤੀ। ਮੁਖਿ—ਮੂੰਹ ਉੱਤੇ। ਛਾਰੁ—ਸੁਆਹ। ੧।

ਤੁਝਹਿ—ਤੈਨੂੰ। ਜੋਹੈ—ਤੱਕ ਸਕਦਾ, ਮਾੜੀ ਨਿਗਾਹ ਨਾਲ ਤੱਕ ਸਕਦਾ ਹੈ। ਕੋ—ਕੋਈ ਭੀ। ਮੀਤ—ਹੇ ਮਿੱਤਰ! ਪਾਰਬ੍ਰਹਮਿ—ਪਾਰਬ੍ਰਹਮ ਨੇ। ਤੂ—ਤੈਨੂੰ। ਦੇ—ਦੇ ਕੇ। ੧। ਰਹਾਉ।

ਬੀਆ—ਦੂਜਾ। ਮੈ—ਮੈਨੂੰ। ਜੋਰੁ—ਤਾਣ, ਸਹਾਰਾ। ੨।

ਅਰਥ :—ਹੇ ਮਿੱਤਰ! ਹੇ ਸੱਜਣ! (ਜੇ) ਤੂੰ ਗੁਰੂ ਦਾ ਸੇਵਕ (ਬਣਿਆ ਰਹੇਂ, ਤਾਂ ਨਿਸ਼ਚਾ ਰੱਖ ਕਿ) ਪਰਮਾਤਮਾ ਨੇ ਆਪਣੇ ਹੱਥ ਦੇ ਕੇ ਤੇਰੀ ਸਦਾ ਰੱਖਿਆ ਕਰਨੀ ਹੈ। ੧। ਰਹਾਉ।

ਹੇ ਮਿੱਤਰ ! ਜਿਸ ਸੇਵਕ ਦੀ ਅਰਦਾਸ ਪ੍ਰਭੂ ਨੇ ਸੁਣ ਲਈ, ਜਿਸ ਸੇਵਕ ਉੱਤੇ ਪ੍ਰਭੂ ਜੀ ਦਇਆਵਾਨ ਹੋ ਗਏ, ਆਪਣੇ ਉਸ ਸੇਵਕ ਦੀ ਪ੍ਰਭੂ ਨੇ (ਸਦਾ) ਰੱਖਿਆ ਕੀਤੀ ਹੈ, ਉਸ ਸੇਵਕ ਦੇ ਦੋਖੀ-ਨਿੰਦਕ ਦੇ ਮੂੰਹ ਉਤੇ ਸੁਆਹ ਹੀ ਪਈ ਹੈ (ਨਿੰਦਕ ਨੂੰ ਸਦਾ ਫਿਟਕਾਰ ਹੀ ਪਈ ਹੈ) । ੧ ।

ਹੇ ਮਿੱਤਰ !ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਸਿਰਫ਼ ਪਰਮਾਤਮਾ ਹੀ ਹੈ,ਉਸ ਤੋਂ ਬਿਨਾ ਕੋਈ ਹੋਰ ਦੂਜਾ (ਦਾਤਾਂ ਦੇਣ ਜੋਗਾ) ਨਹੀਂ ਹੈ (ਉਸ ਪ੍ਰਭੂ ਦੀ ਹੀ ਸਰਨ ਪਿਆ ਰਹੁ) । ਨਾਨਕ ਦੀ (ਭੀ ਪ੍ਰਭੂ-ਦਰ ਤੇ ਹੀ ਸਦਾ) ਅਰਦਾਸ ਹੈ (—ਹੇ ਪ੍ਰਭੂ !)ਮੈਨੂੰ ਤੇਰਾ ਹੀ ਆਸਰਾ ਹੈ ।੨।੯।੭੩।

ਬਿਲਾਵਲੁ ਮਹਲਾ ੫ ॥ ਮੀਤ ਹਮਾਰੇ ਸਾਜਨਾ ਰਾਖੇ ਗੋਵਿੰਦ ॥ ਨਿੰਦਕ ਮਿਰਤਕ ਹੋਇ ਗਏ ਤੁਮ੍ ਹੋਹੁ ਨਿਚਿੰਦ ॥ ੧ ॥ ਰਹਾਉ ॥ ਸਗਲ ਮਨੋਰਥ ਪ੍ਰਭਿ ਕੀਏ ਭੇਟੇ ਗੁਰਦੇਵ ॥ ਜੈ ਜੈਕਾਰੁ ਜਗਤ ਮਹਿ ਸਫਲ ਜਾ ਕੀ ਸੇਵ ॥ ੧ ॥ ਊਚ ਅਪਾਰ ਅਗਨਤ ਹਰਿ ਸਭਿ ਜੀਅ ਜਿਸੁ ਹਾਥਿ ॥ ਨਾਨਕ ਪ੍ਰਭ ਸਰਣਾਗਤੀ ਜਤ ਕਤ ਮੇਰੈ ਸਾਥਿ॥੨॥੧੦॥੭੪॥[੮੧੮]

ਪਦ ਅਰਥ :—ਮੀਤ ਹਮਾਰੇ ਸਾਜਨਾ—ਹੇ ਮੇਰੇ ਮਿੱਤਰੋ !ਹੇ ਮੇਰੇ ਸੱਜਣੋ !ਰਾਖੇ—ਰੱਖਿਆ ਕਰਦਾ ਹੈ ।ਗੋਬਿੰਦ—ਸ੍ਰਿਸ਼ਟੀ ਦੀ ਪਾਲਣਾ ਕਰਨ ਵਾਲਾ । ਮਿਰਤਕ—ਆਤਮਕ ਤੌਰ ਤੇ ਮੁਰਦੇ । ਨਿਚਿੰਦ—ਬੇ-ਫ਼ਿਕਰ । ੧ । ਰਹਾਉ ।

ਸਗਲ—ਸਾਰੇ । ਪ੍ਰਭਿ—ਪ੍ਰਭੂ ਨੇ ।ਭੇਟੇ—ਮਿਲ ਪਏ । ਜੈ ਜੈਕਾਰੁ—ਸੋਭਾ ਹੀ ਸੋਭਾ । ਜਾ ਕੀ ਸੇਵ—ਜਿਸ (ਪ੍ਰਭੂ) ਦੀ ਸੇਵਾ-ਭਗਤੀ । ਸਫਲ—ਫਲ ਦੇਣ ਵਾਲੀ । ੧ ।

ਅਪਾਰ—ਬੇਅੰਤ[ਅ-ਪਾਰ] । ਅਗਨਤ—[ਅ-ਗਨਤ] ਜਿਸ ਦੇ ਗੁਣ ਗਿਣੇ ਨਹੀਂ ਜਾ ਸਕਦੇ । ਸਭਿ—ਸਾਰੇ । ਜੀਅ—[ਲਫ਼ਜ਼ 'ਜੀਉ' ਤੋਂ ਬਹੁ ਵਚਨ] । ਜਿਸੁ ਹਾਥਿ—ਜਿਸ (ਪ੍ਰਭੂ)ਦੇ ਹੱਥ ਵਿਚ । ਜਤ ਕਤ—ਜਿੱਤੇ ਕਿੱਥੇ, ਹਰ ਥਾਂ । ਮੇਰੈ ਸਾਥਿ—ਮੇਰੇ ਨਾਲ।੨।

ਅਰਥ :—ਹੇ ਮੇਰੇ ਮਿੱਤਰੋ ! ਹੇ ਮੇਰੇ ਸੱਜਣੋ ! (ਯਕੀਨ ਰੱਖੋ ਕਿ) ਪਰਮਾਤਮਾ (ਆਪਣੇ ਸੇਵਕਾਂ ਦੀ ਜ਼ਰੂਰ) ਰੱਖਿਆ ਕਰਦਾ ਹੈ । (ਸੇਵਕਾਂ ਦੀ) ਨਿੰਦਾ ਕਰਨ ਵਾਲੇ (ਆਪ ਹੀ) ਆਤਮਕ ਮੌਤੇ ਮਰ ਜਾਂਦੇ ਹਨ। (ਇਸ ਵਾਸਤੇ ਤੁਸੀ ਪਰਮਾਤਮਾ ਦਾ ਆਸਰਾ-ਪਰਨਾ ਲਈ ਰੱਖੋ, ਤੇ ਨਿੰਦਕਾਂ ਵਲੋਂ) ਬੇ-ਫ਼ਿਕਰ ਰਹੋ । ੧ । ਰਹਾਉ ।

ਹੇ ਮੇਰੇ ਮਿੱਤਰੋ ! ਜਿਸ ਪ੍ਰਭੂ ਦੀ ਸੇਵਾ-ਭਗਤੀ ਮਨੋਰਥ ਪੂਰੇ ਕਰਦੀ ਹੈ, ਉਸ, ਪ੍ਰਭੂ ਨੇ (ਸਦਾ ਹੀ ਉਸ ਸੇਵਕ ਦੇ) ਸਾਰੇ ਮਨੋਰਥ ਪੂਰੇ ਕੀਤੇ ਹਨ ਜਿਸ ਨੂੰ (ਭਾਗਾਂ ਨਾਲ) ਗੁਰੂ ਮਿਲ ਪਿਆ, (ਉਸ ਦੇ ਨਿਰੇ ਮਨੋਰਥ ਹੀ ਪੂਰੇ ਨਹੀਂ ਹੁੰਦੇ) ਸਾਰੇ ਜਗਤ ਵਿਚ ਉਸ ਦੀ ਸੋਭਾ ਪਈ ਹੁੰਦੀ ਹੈ । ੧ ।

ਹੇ ਨਾਨਕ ! ਜੇਹੜਾ ਪ੍ਰਭੂ (ਸਭ ਤੋਂ) ਉੱਚਾ ਹੈ, ਬੇਅੰਤ ਹੈ; ਜਿਸ ਦੇ ਗੁਣ ਗਿਣੇ ਨਹੀਂ ਜਾ ਸਕਦੇ, ਸਾਰੇ ਹੀ ਜੀਵ ਜਿਸ ਦੇ ਵੱਸ ਵਿਚ ਹਨ (ਤੂੰ ਉਸ) ਪ੍ਰਭੂ ਦੀ ਸਰਨ ਪਿਆ ਰਹੁ (ਤੇ,ਯਕੀਨ ਰੱਖ ਕਿ)ਉਹ ਪ੍ਰਭੂ ਹਰ ਥਾਂ ਮੇਰੇ ਅੰਗ-ਸੰਗ ਹੈ ।੨।੧੦।੭੪।

ਬਿਲਾਵਲੁ ਮਹਲਾ ੫ ॥ ਗੁਰੁ ਪੂਰਾ ਆਰਾਧਿਆ ਹੋਏ ਕਿਰਪਾਲ ॥ ਮਾਰਗੁ ਸੰਤਿ ਬਤਾਇਆ ਤੂਟੇ ਜਮ ਜਾਲ ॥੧॥ ਦੂਖ ਭੂਖ ਸੰਸਾ ਮਿਟਿਆ ਗਾਵਤ ਪ੍ਰਭ ਨਾਮ ॥ ਸਹਜ ਸੂਖ ਆਨੰਦ ਰਸ ਪੂਰਨ ਸਭਿ ਕਾਮ ॥ ੧ ॥ ਰਹਾਉ ॥ ਜਲਨਿ ਬੁਝੀ ਸੀਤਲ ਭਏ ਰਾਖੇ ਪ੍ਰਭਿ ਆਪ ॥ ਨਾਨਕ ਪ੍ਰਭ ਸਰਣਾਗਤੀ ਜਾ ਕਾ ਵਡ ਪਰਤਾਪ ॥੨॥੧੧॥੭੫॥ [ਪੰਨਾ ੮੧੯]

ਪਦ ਅਰਥ :–ਆਰਾਧਿਆ–ਮਨ ਵਿਚ ਯਾਦ ਰੱਖਿਆ । ਕਿਰਪਾਲ–ਦਇਆ-ਵਾਨ[ਕ੍ਰਿਪਾ-ਅਲਯ] । ਮਾਰਗੁ–(ਜੀਵਨ ਦਾ ਸਹੀ) ਰਸਤਾ । ਸੰਤਿ–ਗੁਰੂ ਨੇ,ਸੰਤ ਨੇ । ਜਮ ਜਾਲ–ਜਮ ਦੀਆਂ ਫਾਹੀਆਂ । ੧ ।

ਸੰਸਾ–ਸਹਿਮ । ਸਹਜ–ਆਤਮਕ ਅਡੋਲਤਾ । ਸਭਿ–ਸਾਰੇ । ਕਾਮ–ਕੰਮ । ੧ । ਰਹਾਉ ।

ਜਲਨਿ–ਸੜਨ । ਪ੍ਰਭਿ–ਪ੍ਰਭੂ ਨੇ । ਜਾ ਕਾ–ਜਿਸ (ਪ੍ਰਭੂ) ਦਾ । ੨ ।

ਅਰਥ :–ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਦੁੱਖ, ਸਾਰੀਆਂ ਭੁੱਖਾਂ, ਸਾਰੇ ਸਹਿਮ ਮਿਟ ਜਾਂਦੇ ਹਨ । (ਨਾਮ ਦੀ ਬਰਕਤਿ ਨਾਲ) ਆਤਮਕ ਅਡੋਲਤਾ ਦੇ ਸੁਖ ਆਨੰਦ ਸੁਆਦ (ਪ੍ਰਾਪਤ ਹੋ ਜਾਂਦੇ ਹਨ) । ਸਾਰੀਆਂ ਲੋੜਾਂ ਪੂਰੀਆਂ ਹੋ ਜਾਂਦੀਆਂ ਹਨ ।੧। ਰਹਾਉ ।

ਹੇ ਭਾਈ ! ਜੇਹੜਾ ਮਨੁੱਖ ਪੂਰੇ ਗੁਰੂ ਨੂੰ ਹਿਰਦੇ ਵਿਚ ਵਸਾਈ ਰੱਖਦਾ ਹੈ, ਜਿਸ ਉੱਤੇ ਗੁਰੂ ਦਇਆਵਾਨ ਹੁੰਦਾ ਹੈ,ਜਿਸ ਮਨੁੱਖ ਨੂੰ ਗੁਰੂ ਨੇ (ਸਹੀ ਜੀਵਨ ਦਾ) ਰਸਤਾ ਦੱਸ ਦਿੱਤਾ, ਉਸ ਦੀਆਂ ਜਮ ਵਾਲੀਆਂ ਸਾਰੀਆਂ ਫਾਹੀਆਂ ਟੁੱਟ ਜਾਂਦੀਆਂ ਹਨ (ਉਸ ਦੇ ਉਹ ਮਾਨਸਕ ਬੰਧਨ ਟੁੱਟ ਜਾਂਦੇ ਹਨ, ਜੇਹੜੇ ਆਤਮਕ ਮੌਤ ਲਿਆਉਂਦੇ ਹਨ) ।੧।

(ਹੇ ਭਾਈ ! ਜਿਸ ਮਨੁੱਖ ਨੇ ਪ੍ਰਭੂ ਦਾ ਨਾਮ ਸਿਮਰਿਆ) ਪ੍ਰਭੂ ਨੇ ਆਪ(ਉਸ ਦੀ ਜਮ ਜਾਲ ਤੋਂ) ਰਾਖੀ ਕੀਤੀ (ਉਸ ਦੇ ਅੰਦਰੋਂ ਵਿਕਾਰਾਂ ਦੀ) ਸੜਨ ਮਿਟ ਗਈ, ਉਸ ਦਾ ਮਨ ਠੰਢਾ-ਠਾਰ ਹੋ ਗਿਆ । ਹੇ ਨਾਨਕ ! ਜਿਸ ਪ੍ਰਭੂ ਵਿਚ ਇਤਨੀ ਵੱਡੀ ਤਾਕਤ ਹੈ ਤੂੰ ਭੀ ਉਸ ਦੀ ਸਰਨ ਪਿਆ ਰਹੁ । ੨ । ੧੧ । ੭੫ ।

ਬਿਲਾਵਲੁ ਮਹਲਾ ੫ ॥ ਧਰਤਿ ਸੁਹਾਵੀ ਸਫਲ ਥਾਨੁ ਪੂਰਨ ਭਏ ਕਾਮ ॥ ਭਉ ਨਾਠਾ ਭ੍ਰਮੁ ਮਿਟਿ ਗਇਆ ਰਵਿਆ ਨਿਤ ਰਾਮ ॥੧॥ ਸਾਧ

ਜਨਾ ਕੈ ਸੰਗਿ ਬਸਤ ਸੁਖ ਸਹਜ ਬਿਸ੍ਰਾਮ ॥ ਸਾਈ ਘੜੀ ਸੁਲਖਣੀ ਸਿਮਰਤ ਹਰਿ ਨਾਮ ॥ ੧ ॥ ਰਹਾਉ ॥ ਪ੍ਰਗਟ ਭਏ ਸੰਸਾਰ ਮਹਿ ਫਿਰਤੇ ਪਹਨਾਮ ॥ ਨਾਨਕ ਤਿਸੁ ਸਰਣਾਗਤੀ ਘਟ ਘਟ ਸਭ ਜਾਨ ॥ ੨ ॥ ੧੨ ॥ ੭੬ ॥ [ਪੰਨਾ ੮੧੯]

ਪਦ ਅਰਥ :–ਧਰਤਿ–(ਕਰਮ ਬੀਜ ਬੀਜਣ ਵਾਲੀ)ਸਰੀਰ-ਧਰਤੀ। ਸੁਹਾਵੀ–ਸੋਹਣੀ। ਸਫਲ–ਕਾਮਯਾਬ। ਥਾਨੁ–ਹਿਰਦਾ-ਥਾਂ। ਕਾਮ–(ਸਾਰੇ) ਕੰਮ। ਭ੍ਰਮੁ–ਭਰਮ, ਭਟਕਣ। ਰਵਿਆ–ਸਿਮਰਿਆ। ੧।

ਕੈ ਸੰਗਿ–ਦੇ ਨਾਲ, ਦੀ ਸੰਗਤਿ ਵਿਚ। ਬਸਤ–ਵੱਸਦਿਆਂ। ਸਹਜ–ਆਤਮਕ ਅਡੋਲਤਾ। ਬਿਸ੍ਰਾਮ–ਸ਼ਾਂਤੀ। ਸਾਈ–ਉਹੀ [ਇਸਤ੍ਰੀ ਲਿੰਗ]। ਸੁਖਲਣੀ–ਚੰਗੇ ਲੱਛਣਾਂ ਵਾਲੀ, ਭਾਗਾਂ ਵਾਲੀ। ੧। ਰਹਾਉ।

ਪ੍ਰਗਟ–ਪ੍ਰਸਿੱਧ, ਨਾਮਣੇ ਵਾਲੇ। ਮਹਿ–ਵਿਚ। ਪਹਨਾਮ–[ਫ਼: ਪਿਨਹਾਂ] ਲੁਕੇ ਹੋਏ, ਜਿਨ੍ਹਾਂ ਨੂੰ ਕੋਈ ਜਾਣਦਾ-ਬੁੱਝਦਾ ਨਹੀਂ ਸੀ। ਤਿਸੁ–ਉਸ (ਪਰਮਾਤਮਾ) ਦੀ। ਘਟ ਘਟ ਜਾਨ–ਹਰੇਕ ਦੇ ਦਿਲ ਦੀ ਜਾਣਨ ਵਾਲਾ। ੨।

ਅਰਥ :–ਹੇ ਭਾਈ! ਗੁਰਮੁਖਾਂ ਦੀ ਸੰਗਤਿ ਵਿਚ ਟਿਕੇ ਰਿਹਾਂ ਆਤਮਕ ਅਡੋਲਤਾ ਦਾ ਆਨੰਦ ਪ੍ਰਾਪਤ ਹੁੰਦਾ ਹੈ, (ਮਨ ਨੂੰ) ਸ਼ਾਂਤੀ ਮਿਲਦੀ ਹੈ। (ਹੇ ਭਾਈ! ਮਨੁੱਖ ਦੇ ਜੀਵਨ ਵਿਚ) ਉਹੀ ਘੜੀ ਭਾਗਾਂ ਵਾਲੀ ਹੁੰਦੀ ਹੈ; (ਜਦੋਂ ਮਨੁੱਖ ਗੁਰਮੁਖਾਂ ਦੀ ਸੰਗਤਿ ਵਿਚ ਰਹਿ ਕੇ) ਪਰਮਾਤਮਾ ਦਾ ਨਾਮ ਸਿਮਰਦਾ ਹੈ। ੧। ਰਹਾਉ।

(ਹੇ ਭਾਈ! ਜੇਹੜਾ ਮਨੁੱਖ ਸਾਧ ਸੰਗਤਿ ਵਿਚ ਟਿਕ ਕੇ) ਪ੍ਰਭੂ ਦਾ ਨਾਮ ਸਦਾ ਸਿਮਰਦਾ ਹੈ, (ਉਸ ਦੇ ਮਨ ਵਿਚੋਂ ਹਰੇਕ ਕਿਸਮ ਦਾ) ਡਰ ਦੂਰ ਹੋ ਜਾਂਦਾ ਹੈ, ਭਟਕਣਾ ਮਿਟ ਜਾਂਦੀ ਹੈ, ਉਸ ਦਾ ਸਰੀਰ ਸੋਹਣਾ ਹੋ ਜਾਂਦਾ ਹੈ (ਉਸ ਦੇ ਗਿਆਨ-ਇੰਦ੍ਰੇ ਸੁਚੱਜੇ ਹੋ ਜਾਂਦੇ ਹਨ), ਉਸ ਦਾ ਹਿਰਦਾ-ਥਾਂ ਜੀਵਨ-ਮਨੋਰਥ ਪੂਰਾ ਕਰਨ ਵਾਲਾ ਬਣ ਜਾਂਦਾ ਹੈ, ਉਸ ਦੇ ਸਾਰੇ ਕੰਮ ਸਿਰੇ ਚੜ੍ਹ ਜਾਂਦੇ ਹਨ। ੨।

ਹੇ ਭਾਈ! ਜੇਹੜੇ ਮਨੁੱਖਾਂ ਨੂੰ ਪਹਿਲਾਂ ਕੋਈ ਭੀ ਜਾਣਦਾ-ਸਿੰਞਾਣਦਾ ਨਹੀਂ ਸੀ (ਸਾਧ ਸੰਗਤਿ ਵਿਚ ਟਿਕ ਕੇ ਸਿਮਰਨ ਦੀ ਬਰਕਤਿ ਨਾਲ) ਉਹ ਜਗਤ ਵਿਚ ਨਾਮਣੇ ਵਾਲੇ ਹੋ ਜਾਂਦੇ ਹਨ। ਹੇ ਨਾਨਕ! (ਸਾਧ ਸੰਗਤਿ ਦਾ ਆਸਰਾ ਲੈ ਕੇ) ਉਸ ਪਰਮਾਤਮਾ ਦੀ ਸਦਾ ਸਰਨ ਪਏ ਰਹਿਣਾ ਚਾਹੀਦਾ ਹੈ ਜੇਹੜਾ ਹਰੇਕ ਜੀਵ ਦੇ ਹਿਰਦੇ ਦੀ ਹਰੇਕ ਗੱਲ ਜਾਣਨ ਵਾਲਾ ਹੈ। ੨। ੧੨। ੭੬।

ਬਿਲਾਵਲੁ ਮਹਲਾ ੫ ॥ ਰੋਗੁ ਮਿਟਾਇਆ ਆਪਿ ਪ੍ਰਭਿ ਉਪਜਿਆ

ਸੁਖੁ ਸਾਂਤਿ ॥ ਵਡ ਪਰਤਾਪੁ ਅਚਰਜ ਰੂਪੁ ਹਰਿ ਕੀਨ੍ਹੀ ਦਾਤਿ ॥੧॥ ਗੁਰਿ ਗੋਵਿੰਦਿ ਕ੍ਰਿਪਾ ਕਰੀ ਰਾਖਿਆ ਮੇਰਾ ਭਾਈ ॥ ਹਮ ਤਿਸ ਕੀ ਸਰਣਾਗਤੀ ਜੋ ਸਦਾ ਸਹਾਈ ॥੧॥ ਰਹਾਉ ॥ ਬਿਰਥੀ ਕਦੇ ਨ ਹੋਵਈ ਜਨ ਕੀ ਅਰਦਾਸਿ ॥ ਨਾਨਕ ਜੋਰੁ ਗੋਵਿੰਦ ਕਾ ਪੂਰਨ ਗੁਣਤਾਸਿ ॥੨॥ ੧੩ ॥ ੭੭ ॥ [ਪੰਨਾ ੮੧੯]

ਪਦ ਅਰਥ :—ਪ੍ਰਭਿ—ਪ੍ਰਭੂ ਨੇ । ਉਪਜਿਆ—ਪੈਦਾ ਹੋਇਆ । ਵਡ-ਪਰਤਾਪੁ—ਵੱਡੇ ਪਰਤਾਪ ਵਾਲਾ । ਅਚਰਜ-ਰੂਪੁ—ਅਚਰਜ ਸਰੂਪ ਵਾਲਾ । ੧ ।

ਗੁਰਿ—ਗੁਰੂ ਨੇ । ਗੋਬਿੰਦ—ਗੋਬਿੰਦ ਨੇ । ਭਾਈ—ਪਿਆਰਾ । ਤਿਸ ਕੀ—[ਲਫ਼ਜ਼ 'ਤਿਸੁ' ਦੇ ਅੱਖਰ 'ਸ' ਦਾ ੂ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ] । ਸਹਾਈ—ਸਹਾਇਤਾ ਕਰਨ ਵਾਲਾ । ੧ ।

ਬਿਰਥੀ—ਵਿਅਰਥ, ਫਲ-ਹੀਨ । ਹੋਵਈ—ਹੋਵਇ, ਹੋਵੈ, ਹੁੰਦੀ । ਜਨ—ਸੇਵਕ । ਜੋਰੁ—ਬਲ, ਤਾਣ, ਆਸਰਾ । ਗੁਣ ਤਾਸਿ—ਗੁਣਾਂ ਦਾ ਖ਼ਜ਼ਾਨਾ । ੨ ।

ਅਰਥ :—ਹੇ ਭਾਈ ! ਮੈਂ ਤਾਂ ਉਸ ਪਰਮਾਤਮਾ ਦਾ ਹੀ ਆਸਰਾ ਲਿਆ ਹੋਇਆ ਹੈ, ਜੋ ਸਦਾ ਸਹਾਇਤਾ ਕਰਨ ਵਾਲਾ ਹੈ । (ਵੇਖੋ, ਉਸ ਦੀ ਮੇਹਰ ਕਿ) ਗੁਰੂ ਨੇ ਪਰਮਾਤਮਾ ਨੇ (ਹੀ ਮੇਰੇ ਉੱਤੇ) ਕਿਰਪਾ ਕੀਤੀ ਹੈ, ਮੇਰੇ ਪਿਆਰੇ ਨੂੰ (ਹੱਥ ਦੇ ਕੇ)ਬਚਾ ਲਿਆ ਹੈ । ੧ । ਰਹਾਉ ।

ਹੇ ਭਾਈ ! ਉਹ ਪਰਮਾਤਮਾ ਵੱਡੇ ਪਰਤਾਪ ਵਾਲਾ ਹੈ, ਅਚਰਜ ਸਰੂਪ ਵਾਲਾ ਹੈ, ਉਸੇ ਨੇ ਹੀ (ਮੇਰੇ ਉਤੇ) ਬਖ਼ਸ਼ਸ਼ ਕੀਤੀ ਹੈ । ਪ੍ਰਭੂ ਨੇ ਆਪ ਹੀ (ਮੇਰੇ ਪਿਆਰੇ ਦਾ) ਰੋਗ ਦੂਰ ਕੀਤਾ ਹੈ, (ਉਸੇ ਦੀ ਮੇਹਰ ਨਾਲ) ਸੁਖ ਮਿਲਿਆ ਹੈ ਸ਼ਾਂਤੀ ਮਿਲੀ ਹੈ ।੧।

ਹੇ ਨਾਨਕ ! (ਆਖ—ਹੇ ਭਾਈ ! ਪ੍ਰਭੂ ਦੇ ਦਰ ਦੇ ਹੀ ਸੇਵਕ ਬਣੇ ਰਹੋ) ਸੇਵਕ ਦੀ ਅਰਜ਼ੋਈ ਕਦੇ ਖ਼ਾਲੀ ਨਹੀਂ ਜਾਂਦੀ (ਪ੍ਰਭੂ ਜ਼ਰੂਰ ਸ਼ਹਾਇਤਾ ਕਰਦਾ ਹੈ, ਤੇ, ਰੋਗ ਆਦਿਕਾਂ ਤੋਂ ਆਪ ਹੀ ਬਚਾਂਦਾ ਹੈ) । ਉਹ ਪਰਮਾਤਮਾ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਸਾਰੇ ਗੁਣਾਂ ਨਾਲ ਭਰਪੂਰ ਹੈ । ਮੈਨੂੰ ਤਾਂ ਉਸ ਪਰਮਾਤਮਾ ਦਾ ਹੀ ਅਸਰਾ ਹੈ । ੨ । ੧੩ । ੭੭ ।

ਬਿਲਾਵਲੁ ਮਹਲਾ ੫॥ ਮਰਿ ਮਰਿ ਜਨਮੇ ਜਿਨ ਬਿਸਰਿਆ ਜੀਵਨ ਕਾ ਦਾਤਾ ॥ ਪਾਰਬ੍ਰਹਮੁ ਜਨਿ ਸੇਵਿਆ ਅਨਦਿਨੁ ਰੰਗਿ ਰਾਤਾ ॥ ੧ ॥ ਸਾਂਤਿ ਸਹਜੁ ਆਨਦੁ ਘਨਾ ਪੂਰਨ ਭਈ ਆਸ ॥ ਸੁਖੁ ਪਾਇਆ ਹਰਿ ਸਾਧਸੰਗਿ ਸਿਮਰਤ ਗੁਣਤਾਸ ॥੧॥ਰਹਾਉ ॥ ਸੁਣਿ ਸੁਆਮੀ ਅਰਦਾਸਿ

ਜਨ ਤੁਮ੍ ਅੰਤਰਜਾਮੀ ॥ ਥਾਨ ਥਨੰਤਰਿ ਰਵਿ ਰਹੇ ਨਾਨਕ ਕੇ ਸੁਆਮੀ॥ ੪ ॥ ੧੪ ॥ ੭੮ ॥ [ਪੰਨਾ ੮੧੯]

ਪਦ ਅਰਥ :–ਮਰਿ–ਮਰਿ ਕੇ, ਆਤਮਕ ਮੌਤ ਸਹੇੜ ਕੇ । ਜਿਨ–ਜਿਨ੍ਹਾਂ ਨੂੰ। ਜੀਵਨ–ਜ਼ਿੰਦਗੀ । ਜਨਿ–ਜਨ ਨੇ, ਸੇਵਕ ਨੇ । ਸੇਵਿਆ–ਸਿਮਰਿਆ । ਅਨਦਿਨੁ–ਹਰ ਰੋਜ਼, ਹਰ ਵੇਲੇ । ਰੰਗਿ–ਪ੍ਰੇਮ ਵਿਚ ।੧।

ਸਹਜੁ–ਆਤਮਕ ਅਡੋਲਤਾ । ਘਨਾ–ਬਹੁਤ । ਸਾਧ ਸੰਗਿ–ਸਾਧ ਸੰਗਤਿ ਵਿਚ। ਗੁਣਤਾਸ–ਗੁਣਾਂ ਦਾ ਖ਼ਜ਼ਾਨਾ । ੧ । ਰਹਾਉ ।

ਸੁਣਿ–ਸੁਣੀ । ਸੁਆਮੀ–ਹੇ ਸੁਆਮੀ ! ਅਰਦਾਸਿ ਜਨ–(ਆਪਣੇ) ਸੇਵਕ ਦੀ ਅਰਦਾਸ ।ਅੰਤਰਜਾਮੀ–ਦਿਲ ਦੀ ਜਾਣਨ ਵਾਲਾ । ਥਾਨ ਥਨੰਤਰਿ–ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ । ਰਵਿ ਰਹੇ–ਤੁਸੀ ਮੌਜੂਦ ਹੋ । ੨ ।

ਅਰਥ :–(ਹੇ ਭਾਈ ! ਸੇਵਕ ਨੇ) ਗੁਣਾਂ ਦੇ ਖ਼ਜ਼ਾਨੇ ਹਰੀ (ਦਾ ਨਾਮ) ਸਾਧ ਸੰਗਤਿ ਵਿਚ ਸਿਮਰਦਿਆਂ (ਸਦਾ) ਆਤਮਕ ਆਨੰਦ ਪ੍ਰਾਪਤ ਕੀਤਾ ਹੈ । (ਸੇਵਕ ਦੇ ਹਿਰਦੇ ਵਿਚ) ਸ਼ਾਂਤੀ, ਆਤਮਕ ਅਡੋਲਤਾ ਤੇ ਬਹੁਤ ਆਨੰਦ ਬਣਿਆ ਰਹਿੰਦਾ ਹੈ । (ਸੇਵਕ ਦੀ) ਹਰੇਕ ਕਾਮਨਾ ਪੂਰੀ ਹੋ ਜਾਂਦੀ ਹੈ । ੧ । ਰਹਾਉ ।

ਹੇ ਭਾਈ!ਜਿਨ੍ਹਾਂ ਮਨੁੱਖਾਂ ਨੂੰ ਜ਼ਿੰਦਗੀ ਦੇਣ ਵਾਲਾ ਪਰਮਾਤਮਾ ਭੁੱਲ ਜਾਂਦਾ ਹੈ,ਉਹ ਆਤਮਕ ਮੌਤ ਸਹੇੜ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ । ਪਰ ਪ੍ਰਭੂ ਦੇ ਸੇਵਕ ਨੇ ਪ੍ਰਭੂ ਨੂੰ ਹਰ ਵੇਲੇ ਸਿਮਰਿਆ ਹੈ, (ਪ੍ਰਭੂ ਦਾ ਸੇਵਕ ਪ੍ਰਭੂ ਦੇ) ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ । ੧ ।

ਹੇ ਸੁਆਮੀ ! ਨਾਨਕ ਦੇ ਮਾਲਕ ! ਤੂੰ ਹਰ ਥਾਂ ਵਿਚ ਵੱਸਦਾ ਹੈਂ, ਤੂੰ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈਂ, ਤੂੰ (ਆਪਣੇ) ਸੇਵਕ ਦੀ ਅਰਦਾਸ (ਸਦਾ) ਸੁਣਦਾ ਹੈਂ । ੨ । ੧੪ । ੭੮ ।

ਬਿਲਾਵਲੁ ਮਹਲਾ ੫ ॥ ਤਾਤੀ ਵਾਉ ਨ ਲਗਈ ਪਾਰਬ੍ਰਹਮ ਸਰਣਾਈ॥ ਚਉਗਿਰਦ ਹਮਾਰੈ ਰਾਮਕਾਰ ਦੁਖੁ ਲਗੈ ਨ ਭਾਈ ॥੧॥ ਸਤਿਗੁਰੁ ਪੂਰਾ ਭੇਟਿਆ ਜਿਨਿ ਬਣਤ ਬਣਾਈ॥ ਰਾਮਨਾਮੁ ਅਉਖਧੁ ਦੀਆ ਏਕਾ ਲਿਵ ਲਾਈ ॥੧॥ ਰਹਾਉ ॥ ਰਾਖਿ ਲੀਏ ਤਿਨਿ ਰਖਨਹਾਰਿ ਸਭ ਬਿਆਧਿ ਮਿਟਾਈ॥ਕਹੁ ਨਾਨਕ ਕਿਰਪਾ ਭਈ ਪ੍ਰਭ ਭਏ ਸਹਾਈ॥੨॥੧੫॥੭੯॥ [ਪੰਨਾ ੮੧੯]

ਪਦ ਅਰਥ :–ਤਾਤੀ–ਤੱਤੀ। ਤਾਤੀ ਵਾਉ–ਤੱਤੀ ਹਵਾ, ਸੇਕ । ਲਗਈ–ਲਗਏ, ਲੱਗੇ,ਲੱਗਦਾ। ਚਉ ਗਿਰਦ–ਚੌਹੀਂ ਪਾਸੀਂ। ਰਾਮਕਾਰ–ਰਾਮ ਦੇ ਨਾਮ ਦੀ ਲਕੀਰ[ਨੋਟ!

ਬਨਬਾਸ ਸਮੇ ਰਾਵਣ ਸੀਤਾ ਜੀ ਨੂੰ ਛਲਣ ਆਇਆ। ਸੀਤਾ ਜੀ ਦੀ ਪ੍ਰੇਰਨਾ ਤੇ ਸ੍ਰੀ ਰਾਮਚੰਦ੍ਰ ਜੀ ਹਰਨ ਨੂੰ ਫੜਨ ਗਏ, ਲਛਮਨ ਨੂੰ ਸੀਤਾ ਜੀ ਦੇ ਪਾਸ ਛੱਡ ਗਏ। ਜੰਗਲ ਵਿਚੋਂ ਇਉਂ ਆਵਾਜ਼ ਆਈ,ਜਿਵੇਂ ਸ੍ਰੀ ਰਾਮ ਜੀ ਨੂੰ ਕਿਸੇ ਬਿਪਤਾ ਨੇ ਆ ਗ੍ਰਸਿਆ ਹੈ। ਸੀਤਾ ਜੀ ਦੇ ਕਹਿਣ ਤੇ ਲਛਮਨ ਸੀਤਾ ਜੀ ਦੇ ਦੁਆਲੇ ਰਾਮ-ਕਾਰ ਖਿੱਚ ਕੇ ਸ੍ਰੀ ਰਾਮ ਜੀ ਦੀ ਭਾਲ ਵਿਚ ਚਲਾ ਗਿਆ। ਪਰ ਸੀਤਾ ਜੀ ਨੂੰ ਹਿਦਾਇਤ ਕਰ ਗਿਆ ਕਿ ਇਸ ਲਕੀਰ ਤੋਂ ਬਾਹਰ ਨਹੀਂ ਨਿਕਲਣਾ। ਰਾਵਣ ਦਾ ਦਾਉ ਤਦੋਂ ਹੀ ਲੱਗਾ, ਜਦੋਂ ਸੀਤਾ ਜੀ ਉਸ ਤੋਂ ਬਾਹਰ ਨਿਕਲ ਆਏ]। ਭਾਈ–ਹੇ ਭਾਈ ! ੧।

ਭੇਟਿਆ–ਮਿਲ ਪਿਆ। ਜਿਨਿ–ਜਿਸ (ਗੁਰੂ) ਨੇ । ਬਣਤ–(ਵਿਆਧੀਆਂ ਨੂੰ ਦੂਰ ਕਰਨ ਦੀ) ਵਿਓਂਤ। ਅਉਖਧੁ–ਦਵਾਈ। ੧। ਰਹਾਉ।

ਤਿਨਿ–ਉਸ ਨੇ।ਰਖਨਹਾਰਿ–ਰੱਖਣ ਦੀ ਸਮਰਥਾ ਵਾਲੇ ਨੇ। ਬਿਆਧਿ–ਰੋਗ। ਸਹਾਈ–ਮਦਦਗਾਰ। ੨।

ਅਰਥ :–ਹੇ ਭਾਈ ! ਜਿਸ ਗੁਰੂ ਨੇ (ਪਰਮਾਤਮਾ ਦਾ ਨਾਮ-ਦਵਾਈ ਦੇ ਕੇ ਜੀਵਾਂ ਦੇ ਰੋਗ ਦੂਰ ਕਰਨ ਦੀ)ਵਿਓਂਤ ਬਣਾ ਰੱਖੀ ਹੈ, ਉਹ ਪੂਰਾ ਗੁਰੂ(ਜਿਸ ਮਨੁੱਖ ਨੂੰ)ਮਿਲ ਪੈਂਦਾ ਹੈ ਅਤੇ ਪਰਮਾਤਮਾ ਦਾ ਨਾਮ-ਦਵਾਈ ਦੇਂਦਾ ਹੈ, ਉਹ ਮਨੁੱਖ ਸਦਾ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦਾ ਹੈ। ੧। ਰਹਾਉ।

ਹੇ ਭਾਈ ! ਪਰਮਾਤਮਾ ਦੀ ਸਰਨ ਪਿਆਂ(ਵਿਆਧੀਆਂ ਦਾ)ਸੇਕ ਨਹੀਂ ਲੱਗਦਾ। ਹੇ ਭਾਈ ! ਅਸਾਂ ਜੀਵਾਂ ਦੇ ਦੁਆਲੇ ਪਰਮਾਤਮਾ ਦਾ ਨਾਮ (ਮਾਨੋ) ਇਕ ਲਕੀਰ ਹੈ (ਜਿਸ ਦੀ ਬਰਕਤਿ ਨਾਲ) ਕੋਈ ਦੁੱਖ ਪੋਹ ਨਹੀਂ ਸਕਦਾ। ੧।

ਹੇ ਨਾਨਕ ! ਆਖ–(ਜਿਸ ਮਨੁੱਖ ਨੂੰ ਗੁਰੂ ਮਿਲ ਪਿਆ ਉਸ ਨੂੰ) ਉਸ ਰੱਖਣ-ਹਾਰ ਪ੍ਰਭੂ ਨੇ ਬਚਾ ਲਿਆ, (ਉਸ ਦੇ ਅੰਦਰੋਂ) ਹਰੇਕ ਰੋਗ ਦੂਰ ਕਰ ਦਿੱਤਾ, ਉਸ ਮਨੁੱਖ ਉਤੇ ਪ੍ਰਭੂ ਦੀ ਕਿਰਪਾ ਹੋ ਗਈ, ਪ੍ਰਭੂ ਉਸ ਮਨੁੱਖ ਦਾ ਮਦਦਗਾਰ ਬਣ ਗਿਆ। ੨। ੧੫। ੭੯।

ਬਿਲਾਵਲੁ ਮਹਲਾ੫ ॥ ਅਪਣੇ ਬਾਲਕ ਆਪਿ ਰਖਿਅਨੁ ਪਾਰਬ੍ਰਹਮ ਗੁਰਦੇਵ ॥ ਸੁਖ ਸਾਂਤਿ ਸਹਜ ਆਨਦ ਭਏ ਪੂਰਨ ਭਈ ਸੇਵ ॥ ੧ ॥ ਰਹਾਉ ॥ ਭਗਤ ਜਨਾ ਕੀ ਬੇਨਤੀ ਸੁਣੀ ਪ੍ਰਭਿ ਆਪਿ ॥ ਰੋਗ ਮਿਟਾਇ ਜੀਵਾਲਿਅਨੁ ਜਾ ਕਾ ਵਡ ਪਰਤਾਪੁ ॥ ੧ ॥ ਦੋਖ ਹਮਾਰੇ ਬਖਸਿਅਨੁ ਆਪਣੀ ਕਲ ਧਾਰੀ ॥ ਮਨ ਬਾਂਛਤ ਫਲ ਦਿਤਿਅਨੁ ਨਾਨਕ ਬਲਿਹਾਰੀ॥ ੨ ॥ ੧੬ ॥ ੮੦ ॥ [੮੧੯]

ਪਦ ਅਰਥ:—ਰਖਿਅਨੁ—ਰੱਖੇ ਹਨ ਉਸ (ਪ੍ਰਭੂ) ਨੇ । ਗੁਰਦੇਵ—ਸਭ ਤੋਂ ਵੱਡਾ ਦੇਵਤਾ । ਸਹਜ—ਆਤਮਕ ਅਡੋਲਤਾ । ਸੇਵ—ਸਿਮਰਨ ਦੀ ਘਾਲ । ੧ । ਰਹਾਉ ।

ਪ੍ਰਭਿ—ਪ੍ਰਭੂ ਨੇ ।ਜੀਵਾਲਿਅਨੁ—ਉਸ ਨੇ ਜਿਵਾਲੇ ਹਨ, ਉਸ ਨੇ ਆਤਮਕ ਜੀਵਨ ਦਿੱਤਾ ਹੈ | ੧ ।

ਦੋਖ—ਐਬ, ਵਿਕਾਰ ।ਬਖਸਿਅਨੁ—ਉਸ ਨੇ ਬਖ਼ਸ਼ੇ ਹਨ । ਕਲ—ਕਲਾ, ਸੱਤਿਆ। ਧਾਰੀ—ਟਿਕਾਈ ਹੈ । ਮਨ ਬਾਂਛਤ—ਮਨ-ਮੰਗੇ । ਦਿਤਿਅਨੁ—ਦਿੱਤੇ ਹਨ ਉਸ ਪ੍ਰਭੂ ਨੇ । ੨ ।

ਅਰਥ :—ਹੇ ਭਾਈ ! ਪਰਮਾਤਮਾ ਸਭ ਤੋਂ ਵੱਡਾ ਦੇਵਤਾ (ਹੈ, ਅਸੀ ਜੀਵ ਉਸ ਦੇ ਬੱਚੇ ਹਾਂ) ਆਪਣੇ ਬੱਚਿਆਂ ਦੀ ਉਹ ਸਦਾ ਹੀ ਆਪ ਰੱਖਿਆ ਕਰਦਾ ਆਇਆ ਹੈ। (ਜੇਹੜੇ ਮਨੁੱਖ ਉਸ ਦੀ ਸਰਨ ਪੈਂਦੇ ਹਨ, ਉਹਨਾਂ ਦੇ ਅੰਦਰ)ਸ਼ਾਂਤੀ,ਆਤਮਕ ਅਡੋਲਤਾ ਦੇ ਸੁਖ ਆਨੰਦ ਪੈਦਾ ਹੁੰਦੇ ਹਨ, ਉਹਨਾਂ ਦੀ ਸੇਵਾ-ਸਿਮਰਨ ਦੀ ਘਾਲ ਸਫਲ ਹੋ ਜਾਂਦੀ ਹੈ। ੧ । ਰਹਾਉ ।

ਹੇ ਭਾਈ ! ਜਿਸ ਪ੍ਰਭੂ ਦਾ (ਸਭ ਤੋਂ) ਵੱਡਾ ਤੇਜ-ਪ੍ਰਤਾਪ ਹੈ ਉਸ ਨੇ ਆਪਣੇ ਭਗਤਾਂ ਦੀ ਅਰਜ਼ੋਈ (ਸਦਾ) ਸੁਣੀ ਹੈ (ਉਹਨਾਂ ਦੇ ਅੰਦਰੋਂ) ਰੋਗ ਮਿਟਾ ਕੇ ਉਹਨਾਂ ਨੂੰ ਆਤਮਕ ਜੀਵਨ ਦੀ ਦਾਤਿ ਬਖ਼ਸ਼ੀ ਹੈ । ੧ ।

ਹੇ ਭਾਈ ! ਉਸ ਪ੍ਰਭੂ-ਪਿਤਾ ਨੇ ਅਸਾਂ ਬੱਚਿਆਂ ਦੇ ਐਬ ਸਦਾ ਬਖ਼ਸ਼ੇ ਹਨ, ਅਤੇ ਸਾਡੇ ਅੰਦਰ ਆਪਣੇ ਨਾਮ ਦੀ ਤਾਕਤ ਭਰੀ ਹੈ । ਹੇ ਨਾਨਕ ! ਪ੍ਰਭੂ-ਪਿਤਾ ਨੇ ਅਸਾਂ ਬੱਚਿਆਂ ਨੂੰ ਸਦਾ ਮਨ-ਮੰਗੇ ਫਲ ਦਿੱਤੇ ਹਨ,ਉਸ ਪ੍ਰਭੂ ਤੋਂ ਸਦਾ ਸਦਕੇ ਜਾਣਾ ਚਾਹੀਦਾ ਹੈ। ੨ । ੧੬ । ੮੦ ।

ਰਾਗੁ ਬਿਲਾਵਲੁ ਮਹਲਾ ੫ ਚਉਪਦੇ ਦੁਪਦੇ ਘਰੁ ੬

੧ ਓ ਸਤਿਗੁਰਪ੍ਰਸਾਦਿ ॥ ਮੇਰੇ ਮੋਹਨ ਸ੍ਰਵਨੀ ਇਹ ਨ ਸੁਨਾਏ ॥ ਸਾਕਤ ਗੀਤ ਨਾਦ ਧੁਨਿ ਗਾਵਤ ਬੋਲਤ ਬੋਲ ਅਜਾਏ ॥ ੧ ॥ ਰਹਾਉ ॥ ਸੇਵਤ ਸੇਵਿ ਸੇਵਿ ਸਾਧ ਸੇਵਉ ਸਦਾ ਕਰਉ ਕਿਰਤਾਏ ॥ ਅਭੈ ਦਾਨੁ ਪਾਵਉ ਪੁਰਖ ਦਾਤੇ ਮਿਲਿ ਸੰਗਤਿ ਹਰਿ ਗੁਣ ਗਾਏ ॥੧॥ ਰਸਨਾ ਅਗਹ ਅਗਹ ਗੁਣ ਰਾਤੀ ਨੈਨ ਦਰਸ ਰੰਗੁ ਲਾਏ ॥ ਹੋਹੁ ਕ੍ਰਿਪਾਲ ਦੀਨ ਦੁਖ ਭੰਜਨ ਮੋਹਿ ਚਰਣ ਰਿਦੈ ਵਸਾਏ ॥ ੨ ॥ ਸਭ ਹੂ ਤਲੈ ਤਲੈ ਸਭ ਊਪਰਿ ਏਹ ਦ੍ਰਿਸਟਿ ਦ੍ਰਿਸਟਾਏ ॥ ਅਭਿਮਾਨੁ ਖੋਇ ਖੋਇ ਖੋਇ ਖੋਈ ਹਉ ਮੋ ਕਉ ਸਤਿਗੁਰ ਮੰਤ੍ਰੁ ਦ੍ਰਿੜਾਏ ॥ ੩ ॥ ਅਤੁਲੁ ਅਤੁਲੁ ਅਤੁਲੁ ਨਹ ਤੁਲੀਐ ਭਗਤਿ ਵਛਲੁ ਕਿਰਪਾਏ ॥ ਜੋ ਜੋ ਸਰਣਿ ਪਰਿਓ ਗੁਰ ਨਾਨਕ ਅਭੈ

ਦਾਨੁ ਸੁਖ ਪਾਏ ॥ ੪ ॥ ੧ ॥ ੯੧ ॥ [ਪੰਨਾ ੮੨੦]

ਪਦ ਅਰਥ :—ਮੋਹਨ—ਹੇ ਜੀਵਾਂ ਦੇ ਮਨ ਨੂੰ ਮੋਹ ਲੈਣ ਵਾਲੇ ! ਹੇ ਸੋਹਣੇ ! ਸ੍ਰਵਨੀ—(ਮੇਰੇ) ਕੰਨਾਂ ਵਿਚ । ਨ ਸੁਨਾਏ—ਨਾਂਹ ਸੁਣਾਇ । ਸਾਕਤ—ਪਰਮਾਤਮਾ ਨਾਲੋਂ ਟੁੱਟੇ ਹੋਏ ਬੰਦੇ । ਧੁਨਿ—ਸੁਰ । ਅਜਾਏ—ਅਜਾਇ, ਵਿਅਰਥ । ੧ । ਰਹਾਉ ।

ਸੇਵਿ ਸੇਵਿ—ਸਦਾ ਸੇਵਾ ਕਰ ਕੇ । ਸਾਧ ਸੇਵਉ—ਸਾਧ ਸੇਵਉਂ, ਮੈਂ ਗੁਰੂ ਦੀ ਸੇਵਾ ਕਰਦਾ ਰਹਾਂ । ਕਰਉ—ਕਰਉਂ, ਮੈਂ ਕਰਦਾ ਰਹਾਂ । ਕਿਰਤਾਏ—ਕਿਰਤ । ਅਭੈ—ਨਿਰਭੈਤਾ । ਪਾਵਉ—ਪਾਵਉਂ । ਪੁਰਖ—ਹੇ ਸਰਬ-ਵਿਆਪਕ ! ਮਿਲਿ—ਮਿਲ ਕੇ । ਗਾਏ—ਗਾਇ, ਗਾ ਕੇ । ੧ ।

ਰਸਨਾ—ਜੀਭ । ਅਗਹ—ਅਪਹੁੰਚ । ਰਾਤੀ—ਰੱਤੀ ਰਹੇ । ਨੈਨ—ਅੱਖਾਂ । ਦਰਸ ਰੰਗੁ—ਦਰਸਨ ਦਾ ਆਨੰਦ । ਲਾਏ—ਲਾਇ, ਮਾਣ ਕੇ । ਦੀਨ ਦੁਖ ਭੰਜਨ—ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ ! ਮੋਹਿ ਰਿਦੈ—ਮੇਰੇ ਹਿਰਦੇ ਵਿਚ । ਵਸਾਏ—ਵਸਾਇ, ਵਸਾਈ ਰੱਖ । ੨ ।

ਤਲੈ—ਹੇਠਾਂ । ਦ੍ਰਿਸਟਿ—ਨਿਗਾਹ । ਦ੍ਰਿਸਟਾਏ—ਦ੍ਰਿਸਟਾਇ, ਵਿਖਾਲ । ਖੋਈ—ਦੂਰ ਕਰ ਕੇ । ਖੋਇ ਖੋਇ ਖੋਈ ਹਉ—ਮੈਂ ਬਿਲਕੁਲ ਦੂਰ ਕਰ ਦਿਆਂ । ਮੋ ਕਉ—ਮੈਨੂੰ । ਮੰਤ੍ਰੁ—ਉਪਦੇਸ਼ । ਦ੍ਰਿੜਾਏ—ਦ੍ਰਿੜਾਇ, ਪੱਕਾ ਕਰ । ੩ ।

ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ । ਸਰਣਿ ਗੁਰ—ਗੁਰੂ ਦੀ ਸਰਨ । ਪਾਏ—ਪਾਂਦਾ ਹੈ । ੪ ।

ਅਰਥ :—ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ (ਜੇਹੜੇ ਗੰਦੇ) ਗੀਤਾਂ ਨਾਦਾਂ ਧੁਨੀਆਂ ਦੇ ਬੋਲ ਬੋਲਦੇ ਹਨ ਅਤੇ ਗਾਂਦੇ ਹਨ ਉਹ (ਆਤਮਕ ਜੀਵਨ ਵਾਸਤੇ)ਵਿਅਰਥ ਹਨ । ਹੇ ਮੇਰੇ ਮੋਹਨ ! ਇਹੋ ਜਿਹੇ ਬੋਲ ਮੇਰੀ ਕੰਨੀਂ ਨਾਂਹ ਪੈਣ । ੧ । ਰਹਾਉ ।

ਹੇ ਸਰਬ-ਵਿਆਪਕ ਦਾਤਾਰ ! ਹੇ ਹਰੀ ! (ਮੇਹਰ ਕਰ) ਗੁਰੂ ਦੀ ਸੰਗਤਿ ਵਿਚ ਮਿਲ ਕੇ, ਤੇਰੇ ਗੁਣ ਗਾ ਕੇ ਮੈਂ (ਤੇਰੇ ਦਰ ਤੋਂ) ਨਿਰਭੈਤਾ ਦੀ ਦਾਤਿ ਪ੍ਰਾਪਤ ਕਰਾਂ । ਮੈਂ ਸਦਾ ਹੀ ਹਰ ਵੇਲੇ ਗੁਰੂ ਦੀ ਸਰਨ ਪਿਆ ਰਹਾਂ, ਮੈਂ ਸਦਾ ਇਹੀ ਕਾਰ ਕਰਦਾ ਰਹਾਂ । ੧ ।

ਹੇ ਦੀਨਾਂ ਦੇ ਦੁੱਖ ਦੂਰ ਕਰਨ ਵਾਲੇ ! (ਮੇਰੇ ਉਤੇ) ਦਇਆਵਾਨ ਹੋ, ਆਪਣੇ ਚਰਨ ਮੇਰੇ ਹਿਰਦੇ ਵਿਚ ਵਸਾਈ ਰੱਖ, ਮੇਰੀਆਂ ਅੱਖਾਂ ਤੇਰੇ ਦਰਸਨ ਦਾ ਆਨੰਦ ਮਾਣ ਮਾਣ ਕੇ, ਮੇਰੀ ਜੀਭ ਤੈਂ ਅਪਹੁੰਚ ਦੇ ਗੁਣਾਂ ਵਿਚ ਰੱਤੀ ਰਹੇ । ੨ ।

ਹੇ ਮੋਹਨ ! ਮੇਰੀ ਨਿਗਾਹ ਵਿਚ ਇਹੋ ਜਿਹੀ ਜੋਤਿ ਪੈਦਾ ਕਰ ਕਿ ਮੈਂ ਆਪਣੇ ਆਪ ਨੂੰ ਸਭ ਨਾਲੋਂ ਨੀਵਾਂ ਸਮਝਾਂ ਅਤੇ ਸਭ ਨੂੰ ਆਪਣੇ ਨਾਲੋਂ ਉੱਚਾ ਜਾਣਾਂ । ਹੇ

ਮੋਹਨ ! ਮੇਰੇ ਹਿਰਦੇ ਵਿਚ ਗੁਰੂ ਦਾ ਉਪਦੇਸ਼ ਪੱਕਾ ਕਰ ਦੇ, ਤਾ ਕਿ ਮੈਂ ਸਦਾ ਲਈ ਆਪਣੇ ਅੰਦਰੋਂ ਅਹੰਕਾਰ ਦੂਰ ਕਰ ਦਿਆਂ । ੩ ।

ਹੇ ਮੋਹਨ ! ਤੂੰ ਅਤੁੱਲ ਹੈਂ, ਤੂੰ ਅਤੁੱਲ ਹੈਂ, ਤੂੰ ਅਤੁੱਲ ਹੈਂ, (ਤੇਰੇ ਵਡੱਪਣ ਨੂੰ) ਤੋਲਿਆ ਨਹੀਂ ਜਾ ਸਕਦਾ, ਤੂੰ ਭਗਤੀ ਨੂੰ ਪਿਆਰ ਕਰਨ ਵਾਲਾ ਹੈਂ, ਤੂੰ ਸਭ ਉਤੇ ਕਿਰਪਾ ਕਰਦਾ ਹੈਂ । ਹੇ ਨਾਨਕ ! (ਮੋਹਨ-ਪ੍ਰਭੂ ਦੀ ਕਿਰਪਾ ਨਾਲ) ਜੇਹੜਾ ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਨਿਰਭੈਤਾ ਦੀ ਦਾਤਿ ਹਾਸਲ ਕਰ ਲੈਂਦਾ ਹੈ,ਉਹ ਸਦਾ ਆਤਮਕ ਆਨੰਦ ਮਾਣਦਾ ਹੈ । ੪ । ੧ । ੯੧ ।

ਨੋਟ ! ਇਸ ਸੰਗ੍ਰਹ ਦਾ ਸਿਰਲੇਖ ਹੈ 'ਚਉਪਦੇ ਦੁਪਦੇ' ।ਪਰ ਇਸ ਵਿਚ ਸਿਰਫ਼ ਪਹਿਲਾ ਸ਼ਬਦ ਹੀ ਚਾਰ ਬੰਦਾਂ ਵਾਲਾ ਹੈ ।

ਬਿਲਾਵਲੁ ਮਹਲਾ ੫ ॥ ਪ੍ਰਭ ਜੀ ਤੂ ਮੇਰੇ ਪ੍ਰਾਨ ਅਧਾਰੈ॥ਨਮਸਕਾਰ ਡੰਡਉਤਿ ਬੰਦਨਾ ਅਨਿਕ ਬਾਰ ਜਾਉ ਬਾਰੈ ॥੧॥ ਰਹਾਉ ॥ ਊਠਤ ਬੈਠਤ ਸੋਵਤ ਜਾਗਤ ਇਹੁ ਮਨੁ ਤੁਝਹਿ ਚਿਤਾਰੈ ॥ ਸੂਖ ਦੂਖ ਇਸੁ ਮਨ ਕੀ ਬਿਰਥਾ ਤੁਝ ਹੀ ਆਗੈ ਸਾਰੈ ॥ ੧ ॥ ਤੂ ਮੇਰੀ ਓਟ ਬਲ ਬੁਧਿ ਧਨੁ ਤੁਮ ਹੀ ਤੁਮਹਿ ਮੇਰੈ ਪਰਵਾਰੈ ॥ ਜੋ ਤੁਮ ਕਰਹੁ ਸੋਈ ਭਲ ਹਮਰੈ ਪੇਖਿ ਨਾਨਕ ਸੁਖ ਚਰਨਾਰੈ ॥ ੨ ॥ ੨ ॥ ੯੨ ॥ [ਪੰਨਾ ੮੨੦]

ਪਦ ਅਰਥ :—ਪ੍ਰਾਨ ਅਧਾਰੈ—ਜਿੰਦ ਦਾ ਆਸਰਾ ।ਡੰਡਉਤਿ ਬੰਦਨਾ—ਡੰਡੇ ਵਾਂਗ ਸਿੱਧਾ ਚੁਫਾਲ ਲੰਮਾ ਪੈ ਕੇ ਨਮਸਕਾਰ [दण्डवत] । ਬਾਰ—ਵਾਰੀ । ਬਾਰੈ—ਵਾਰਨੇ, ਸਦਕੇ । ੧ । ਰਹਾਉ ।

ਤੁਝਹਿ—ਤੈਨੂੰ ਹੀ । ਚਿਤਾਰੈ—ਚੇਤੇ ਕਰਦਾ ਹੈ, ਯਾਦ ਕਰਦਾ ਹੈ । ਬਿਰਥਾ—[व्यथा] ਪੀੜਾ । ਸਾਰੈ—ਸੰਭਾਲਦਾ ਹੈ, ਪੇਸ਼ ਕਰਦਾ ਹੈ । ੧ ।

ਓਟ—ਆਸਰਾ । ਬਲ—ਤਾਣ । ਤੁਮਹਿ—ਤੁਮ ਹੀ, ਤੂੰ ਹੀ । ਮੇਰੈ—ਮੇਰੇ ਵਾਸਤੇ । ਪਰਵਾਰੈ—ਪਰਵਾਰ । ਭਲ—ਭਲਾ, ਚੰਗਾ । ਹਮਰੈ—ਸਾਡੇ ਵਾਸਤੇ, ਮੇਰੇ ਵਾਸਤੇ । ਪੇਖਿ ਚਰਨਾਰੈ—(ਤੇਰੇ) ਚਰਨਾਂ ਦਾ ਦਰਸਨ ਕਰ ਕੇ । ੨ ।

ਅਰਥ :—ਹੇ ਪ੍ਰਭੂ ! ਤੂੰ (ਹੀ) ਮੇਰੀ ਜਿੰਦ ਦਾ ਸਹਾਰਾ ਹੈਂ । ਹੇ ਪ੍ਰਭੂ ! ਮੈਂ ਤੇਰੇ ਹੀ ਅੱਗੇ ਨਮਸਕਾਰ ਕਰਦਾ ਹਾਂ, ਚੁਫਾਲ ਲੰਮਾ ਪੈ ਕੇ ਨਮਸਕਾਰ ਕਰਦਾ ਹਾਂ । ਮੈਂ ਅਨੇਕਾਂ ਵਾਰੀ ਤੈਥੋਂ ਸਦਕੇ ਜਾਂਦਾ ਹਾਂ । ੧ । ਰਹਾਉ ।

ਹੇ ਪ੍ਰਭੂ ! ਉਠਦਿਆਂ ਬਹਿੰਦਿਆਂ, ਸੁੱਤਿਆਂ, ਜਾਗਦਿਆਂ (ਹਰ ਵੇਲੇ) ਮੇਰਾ ਇਹ ਮਨ ਤੈਨੂੰ ਹੀ ਯਾਦ ਕਰਦਾ ਰਹਿੰਦਾ ਹੈ । ਮੇਰਾ ਇਹ ਮਨ ਆਪਣੇ ਸੁਖ ਆਪਣੇ

ਦੁੱਖ ਆਪਣੀ ਹਰੇਕ ਪੀੜਾ ਤੇਰੇ ਹੀ ਅੱਗੇ ਪੇਸ਼ ਕਰਦਾ ਹੈ ।੧।

ਹੇ ਪ੍ਰਭੂ ! ਤੂੰ ਹੀ ਮੇਰਾ ਸਹਾਰਾ ਹੈਂ, ਤੂੰ ਹੀ ਮੇਰਾ ਤਾਣ ਹੈਂ, ਤੂੰ ਹੀ ਮੇਰੀ ਅਕਲ ਹੈਂ, ਤੂੰ ਹੀ ਮੇਰਾ ਧਨ ਹੈਂ, ਅਤੇ ਤੂੰ ਹੀ ਮੇਰੇ ਵਾਸਤੇ ਮੇਰਾ ਪਰਵਾਰ ਹੈਂ । ਹੇ ਨਾਨਕ ! (ਆਖ–ਹੇ ਪ੍ਰਭੂ !) ਜੋ ਕੁਝ ਤੂੰ ਕਹਦਾ ਹੈਂ,ਮੇਰੇ ਵਾਸਤੇ ਉਹੀ ਭਲਾਈ ਹੈ। ਤੇਰੇ ਚਰਨਾਂ ਦਾ ਦਰਸਨ ਕਰ ਕੇ ਮੈਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ।੨।੨।੯੨।

ਨੋਟ ! ਨਵੇਂ ਸੰਗ੍ਰਹ ਦਾ ਇਹ ਦੂਜਾ ਸ਼ਬਦ ਹੈ। ਇਸ ਰਾਗ ਵਿਚ ਮ : ੫ ਦੇ ਹੁਣ ਤਕ ੯੨ ਸ਼ਬਦ ਆ ਚੁਕੇ ਹਨ ।

ਬਿਲਾਵਲੁ ਮਹਲਾ ੫ ॥ ਸੁਨੀਅਤ ਪ੍ਰਭ ਤਉ ਸਗਲ ਉਧਾਰਨ ॥ ਮੋਹ ਮਗਨ ਪਤਿਤ ਸੰਗਿ ਪ੍ਰਾਨੀ ਐਸੇ ਮਨਹਿ ਬਿਸਾਰਨ ॥ ੧ ॥ ਰਹਾਉ ॥ ਸੰਚਿ ਬਿਖਿਆ ਲੇ ਗ੍ਰਾਹਜੁ ਕੀਨੀ ਅੰਮ੍ਰਿਤੁ ਮਨ ਤੇ ਡਾਰਨ ॥ ਕਾਮ ਕ੍ਰੋਧ ਲੋਭ ਰਤੁ ਨਿੰਦਾ ਸਤੁ ਸੰਤੋਖੁ ਬਿਦਾਰਨ ॥੧॥ ਇਨ ਤੇ ਕਾਢਿ ਲੇਹੁ ਮੇਰੇ ਸੁਆਮੀ ਹਾਰਿ ਪਰੇ ਤੁਮ੍ ਸਾਰਨ ॥ ਨਾਨਕ ਕੀ ਬੇਨੰਤੀ ਪ੍ਰਭ ਪਹਿ ਸਾਧ ਸੰਗਿ ਰੰਕ ਤਾਰਨ ॥੨॥੩॥੯੩॥ [ਪੰਨਾ ੮੨੦]

ਪਦ ਅਰਥ :–ਸੁਨੀਅਤ–ਸੁਣੀਦਾ ਹੈ। ਪ੍ਰਭ–ਹੇ ਪ੍ਰਭੂ ! ਤਉ–ਤੇਰੀ (ਬਾਬਤ)। ਸਗਲ–ਸਾਰੇ ਜੀਵਾਂ ਨੂੰ। ਉਧਾਰਨ–(ਵਿਕਾਰਾਂ ਤੋਂ) ਬਚਾਣ ਵਾਲਾ। ਮਗਨ–ਡੁੱਬੇ ਹੋਏ ਪਤਿਤ–(ਵਿਕਾਰਾਂ ਵਿਚ) ਡਿੱਗੇ ਹੋਏ। ਸੰਗਿ ਪ੍ਰਾਨੀ–ਪ੍ਰਾਣੀਆਂ ਨਾਲ । ਐਸੇ ਇਉਂ, ਬੇ-ਪਰਵਾਹੀ ਨਾਲ। ਮਨਹਿ–ਮਨ ਤੋਂ ।੧। ਰਹਾਉ।

ਸੰਚਿ–ਇਕੱਠੀ ਕਰ ਕੇ । ਬਿਖਿਆ–ਮਾਇਆ । ਗ੍ਰਾਹਜੁ–[ਗ੍ਰਾਹ੍ਯ] ਗ੍ਰਹਿਣ ਕਰਨ-ਜੋਗ। ਅੰਮ੍ਰਿਤ–ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਤੇ–ਤੋਂ। ਡਾਰਨ–ਸੁੱਟ ਦਿੱਤਾ । ਰਤੁ–ਰੱਤਾ ਹੋਇਆ, ਮਸਤ । ਸਤੁ–ਦਾਨ। ਬਿਦਾਰਨ–ਚੀਰ ਪਾੜ ਦਿੱਤਾ, ਲੀਰ ਲੀਰ ਕਰ ਦਿੱਤਾ।੧।

ਇਨ ਤੇ–ਇਹਨਾਂ ਤੋਂ । ਸੁਆਮੀ–ਹੇ ਮਾਲਕ ! ਹਾਰਿ–ਹਾਰ ਕੇ, ਥੱਕਕੇ । ਸਾਰਨ–ਸਰਨ। ਪਹਿ–ਪਾਸ। ਸੰਗਿ–ਸੰਗਤਿ ਵਿਚ। ਰੰਕ–ਕੰਗਾਲ, ਆਤਮਕ ਜੀਵਨ ਤੋਂ ਸੱਖਣੇ।੨।

ਅਰਥ:–ਹੇ ਪ੍ਰਭੂ! ਤੇਰੀ ਬਾਬਤ ਸੁਣੀਦਾ ਹੈ ਕਿ ਤੂੰ ਸਾਰੇ ਜੀਵਾਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ ਹੈਂ, (ਤੂੰ ਉਹਨਾਂ ਨੂੰ ਭੀ ਬਚਾ ਲੈਂਦਾ ਹੈਂ, ਜੇਹੜੇ) ਮੋਹ ਵਿਚ ਡੁੱਬੇ ਹੋਏ ਵਿਕਾਰਾਂ ਵਿਚ ਡਿੱਗੇ ਹੋਏ ਪ੍ਰਾਣੀਆਂ ਨਾਲ ਬਹਿਣ-ਖਲੋਣ ਰੱਖਦੇ ਹਨ ਅਤੇ ਬੜੀ ਬੇ-ਪਰਵਾਹੀ ਨਾਲ ਤੈਨੂੰ ਮਨ ਤੋਂ ਭੁਲਾਈ ਰੱਖਦੇ ਹਨ ।੧। ਰਹਾਉ।

ਹੇ ਪ੍ਰਭੂ ! (ਤੇਰੇ ਪੈਦਾ ਕੀਤੇ ਜੀਵ)ਮਾਇਆ ਇਕੱਠੀ ਕਰ ਕੇ ਹੀ ਇਸ ਨੂੰ ਗ੍ਰਹਿਣ ਕਰਨ-ਜੋਗ ਬਣਾਂਦੇ ਹਨ, ਪਰ ਆਤਮਕ ਜੀਵਨ ਦੇਣ ਵਾਲਾ ਤੇਰਾ ਨਾਮ-ਜਲ ਆਪਣੇ ਮਨ ਤੋਂ ਪਰੇ ਸੁੱਟ ਦੇਂਦੇ ਹਨ। ਜੀਵ ਕਾਮ ਕ੍ਰੋਧ ਲੋਭ ਨਿੰਦਾ (ਆਦਿਕ ਵਿਕਾਰਾਂ) ਵਿਚ ਮਸਤ ਰਹਿੰਦੇ ਹਨ ਅਤੇ ਸੇਵਾ ਸੰਤੋਖ ਆਦਿਕ ਗੁਣਾਂ ਨੂੰ ਲੀਰ-ਲੀਰ ਕਰ ਰਹੇ ਹਨ (ਮੇਹਰ ਕਰ, ਇਹਨਾਂ ਨੂੰ ਵਿਕਾਰਾਂ ਤੋਂ ਬਚਾ ਲੈ) ।੧।

ਹੇ ਮੇਰੇ ਮਾਲਕ-ਪ੍ਰਭੂ ! ਇਹਨਾਂ ਵਿਕਾਰਾਂ ਤੋਂ ਸਾਨੂੰ ਬਚਾ ਲੈ (ਸਾਡੀ ਇਹਨਾਂ ਦੇ ਟਾਕਰੇ ਤੇ ਪੇਸ਼ ਨਹੀਂ ਜਾਂਦੀ) ਹਾਰ ਕੇ ਤੇਰੀ ਸਰਨ ਆ ਪਏ ਹਾਂ। ਹੇ ਪ੍ਰਭੂ ! (ਤੇਰੇ ਦਰ ਦੇ ਸੇਵਕ) ਨਾਨਕ ਦੀ (ਤੇਰੇ ਅੱਗੇ) ਅਰਜ਼ੋਈ ਹੈ ਕਿ ਤੂੰ ਆਤਮਕ ਜੀਵਨ ਤੋਂ ਉੱਕੇ ਸੱਖਣੇ ਬੰਦਿਆਂ ਨੂੰ ਭੀ ਸਾਧ ਸੰਗਤਿ ਵਿਚ ਲਿਆ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈਂ।੨।੩।੯੩।

ਬਿਲਾਵਲੁ ਮਹਲਾ ੫ ॥ ਸੰਤਨ ਕੈ ਸੁਨੀਅਤ ਪ੍ਰਭ ਕੀ ਬਾਤ ॥ ਕਥਾ ਕੀਰਤਨੁ ਆਨੰਦ ਮੰਗਲ ਧੁਨਿ ਪੂਰਿ ਰਹੀ ਦਿਨਸੁ ਅਰੁ ਰਾਤਿ ॥ ੧ ॥ ਰਹਾਉ ॥ ਕਰਿ ਕਿਰਪਾ ਅਪਨੇ ਪ੍ਰਭਿ ਕੀਨੇ ਨਾਮ ਅਪੁਨੇ ਕੀ ਕੀਨੀ ਦਾਤਿ॥ ਆਠ ਪਹਰ ਗੁਨ ਗਾਵਤ ਪ੍ਰਭ ਕੇ ਕਾਮ ਕ੍ਰੋਧ ਇਸੁ ਤਨ ਤੇ ਜਾਤ ॥੧॥ ਤ੍ਰਿਪਤਿ ਅਘਾਏ ਪੇਖਿ ਪ੍ਰਭ ਦਰਸਨੁ ਅੰਮ੍ਰਿਤ ਹਰਿ ਰਸੁ ਭੋਜਨੁ ਖਾਤ ॥ ਚਰਨ ਸਰਨ ਨਾਨਕ ਪ੍ਰਭ ਤੇਰੀ ਕਰਿ ਕਿਰਪਾ ਸੰਤ ਸੰਗਿ ਮਿਲਾਤ ॥੨॥ ੪॥੯੪॥ [ਪੰਨਾ ੮੨੦]

ਪਦ ਅਰਥ :—ਸੰਤਨ ਕੈ—ਸੰਤਾਂ ਦੇ ਘਰ ਵਿਚ, ਸੰਤਾਂ ਦੀ ਸੰਗਤਿ ਵਿਚ, ਸਾਧ ਸੰਗਤਿ ਵਿਚ। ਬਾਤ—ਕਥਾ-ਵਾਰਤਾ। ਸੁਨੀਅਤ—ਸੁਣੀ ਜਾਂਦੀ ਹੈ। ਧੁਨਿ—ਰੌ। ਪੂਰਿ ਰਹੀ—ਭਰੀ ਰਹਿੰਦੀ ਹੈ। ਦਿਨਸੁ—ਦਿਨ। ਅਰੁ—ਅਤੇ।੧। ਰਹਾਉ।

ਕਰਿ—ਕਰ ਕੇ। ਪ੍ਰਭਿ—ਪ੍ਰਭੂ ਨੇ। ਤਨ ਤੇ—ਸਰੀਰ ਤੋਂ। ਜਾਤ—ਦੂਰ ਹੋ ਜਾਂਦੇ ਹਨ। ੧।

ਤ੍ਰਿਪਤਿ—ਰਜੇਵਾਂ। ਅਘਾਏ—ਰੱਜ ਗਏ। ਪੇਖਿ—ਵੇਖ ਕੇ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਪ੍ਰਭ—ਹੇ ਪ੍ਰਭੂ ! ਸੰਗਿ—ਸੰਗਤਿ ਵਿਚ।੨।

ਅਰਥ :—ਹੇ ਭਾਈ ! ਸਾਧ ਸੰਗਤਿ ਵਿਚ ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਕਥਾ-ਵਾਰਤਾ (ਸਦਾ) ਸੁਣੀ ਜਾਂਦੀ ਹੈ। ਉਥੇ ਦਿਨ ਰਾਤ ਹਰ ਵੇਲੇ ਪ੍ਰਭੂ ਦੀਆਂ ਕਥਾ-ਕਹਾਣੀਆਂ ਹੁੰਦੀਆਂ ਹਨ, ਕੀਰਤਨ ਹੁੰਦਾ ਹੈ, ਆਤਮਕ ਆਨੰਦ-ਹੁਲਾਰਾ ਪੈਦਾ ਕਰਨ ਵਾਲੀ ਰੌ ਸਦਾ ਚਲੀ ਰਹਿੰਦੀ ਹੈ।੧। ਰਹਾਉ।

ਹੇ ਭਾਈ ! ਸੰਤ ਜਨਾਂ ਨੂੰ ਪ੍ਰਭੂ ਨੇ ਮੇਹਰ ਕਰ ਕੇ ਆਪਣੇ ਸੇਵਕ ਬਣਾ ਲਿਆ ਹੁੰਦਾ ਹੈ, ਉਹਨਾਂ ਨੂੰ ਆਪਣੇ ਨਾਮ ਦੀ ਦਾਤਿ ਬਖ਼ਸ਼ੀ ਹੁੰਦੀ ਹੈ। ਅੱਠੇ ਪਹਿਰ ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ (ਉਹਨਾਂ ਦੇ) ਇਸ ਸਰੀਰ ਵਿਚੋਂ ਕਾਮ ਕ੍ਰੋਧ (ਆਦਿਕ ਵਿਕਾਰ) ਦੂਰ ਹੋ ਜਾਂਦੇ ਹਨ। ੧।

ਹੇ ਭਾਈ ! ਸੰਤ ਜਨ ਪ੍ਰਭੂ ਦਾ ਦਰਸਨ ਕਰ ਕੇ (ਮਾਇਆ ਦੀ ਤ੍ਰਿਸਨਾ ਵਲੋਂ) ਪੂਰੇ ਤੌਰ ਤੇ ਰੱਜੇ ਰਹਿੰਦੇ ਹਨ, ਸੰਤ ਜਨ ਸਦਾ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਦਾ ਸੁਆਦਲਾ ਭੋਜਨ ਖਾਂਦੇ ਹਨ। ਹੇ ਨਾਨਕ ! (ਆਖ-) ਹੇ ਪ੍ਰਭੂ ! ਜੇਹੜੇ ਮਨੁੱਖ ਤੇਰੇ ਚਰਨਾਂ ਦੀ ਸਰਨ ਪੈਂਦੇ ਹਨ, ਤੂੰ ਕਿਰਪਾ ਕਰ ਕੇ ਉਹਨਾਂ ਨੂੰ ਸੰਤ ਜਨਾਂ ਦੀ ਸੰਗਤਿ ਵਿਚ ਮਿਲਾ ਦੇਂਦਾ ਹੈਂ ।੨।੪।੮੪।

ਬਿਲਾਵਲੁ ਮਹਲਾ ੫ ॥ ਰਾਖਿ ਲੀਏ ਅਪਨੇ ਜਨ ਆਪ ॥ ਕਰਿ ਕਿਰਪਾ ਹਰਿ ਹਰਿ ਨਾਮੁ ਦੀਨੋ ਬਿਨਸਿ ਗਏ ਸਭ ਸੋਗ ਸੰਤਾਪ ॥ ੧ ॥ ਰਹਾਉ ॥ ਗੁਣ ਗੋਵਿੰਦ ਗਾਵਹੁ ਸਭਿ ਹਰਿ ਜਨ ਰਾਗ ਰਤਨ ਰਸਨਾ ਆਲਾਪ ।। ਕੋਟਿ ਜਨਮ ਕੀ ਤ੍ਰਿਸਨਾ ਨਿਵਰੀ ਰਾਮ ਰਸਾਇਣਿ ਆਤਮ ਧ੍ਰਾਪ ॥੧॥ ਚਰਣ ਗਹੇ ਸਰਣਿ ਸੁਖਦਾਤੇ ਗੁਰ ਕੈ ਬਚਨਿ ਜਪੇ ਹਰਿ ਜਾਪ॥ ਸਾਗਰ ਤਰੇ ਭਰਮ ਭੈ ਬਿਨਸੇ ਕਹੁ ਨਾਨਕ ਠਾਕੁਰ ਪਰਤਾਪ ॥ ੨ ॥ ੫॥ ੮੫ ॥ [ਪੰਨਾ ੮੨੧]

ਪਦ ਅਰਥ :-ਰਾਖਿ ਲੀਏ-(ਸਦਾ) ਰੱਖਿਆ ਕੀਤੀ ਹੈ। ਜਨ-ਸੇਵਕ। ਕਰਿ-ਕਰ ਕੇ। ਦੀਨੋ-ਦਿੱਤਾ ਹੈ। ਸੋਗ-ਚਿੰਤਾ, ਗ਼ਮ। ਸੰਤਾਪ-ਦੁੱਖ-ਕਲੇਸ਼ । ੧। ਰਹਾਉ।

ਗੁਣ ਗੋਵਿੰਦ-ਗੋਵਿੰਦ ਦੇ ਗੁਣ। ਸਭਿ-ਸਾਰੇ (ਰਲ ਕੇ)। ਹਰਿ ਜਨ-ਹੇ ਸੰਤ ਜਨੋ ! ਰਤਨ ਰਾਗ-ਸੋਹਣੇ ਰਾਗਾਂ ਦੀ ਰਾਹੀਂ। ਰਸਨਾ-ਜੀਭ (ਨਾਲ)। ਆਲਾਪ-ਉਚਾਰਨ ਕਰੋ। ਕੋਟਿ-ਕ੍ਰੋੜਾਂ। ਨਿਵਰੀ-ਦੂਰ ਹੋ ਜਾਂਦੀ ਹੈ। ਰਸਾਇਣਿ-ਰਸਾਇਣ ਨਾਲ। ਰਸਾਇਣ-ਰਸਾਂ ਦਾ ਘਰ, ਸਭ ਤੋਂ ਸ੍ਰੇਸ਼ਟ ਰਸ। ਆਤਮ-ਜਿੰਦ। ਧ੍ਰਾਪ-ਰੱਜ ਜਾਂਦੀ ਹੈ। ੧।

ਗਹੇ-ਫੜੇ। ਕੈ ਬਚਨਿ-ਦੇ ਬਚਨ ਦੀ ਰਾਹੀਂ। ਸਾਗਰ-(ਸੰਸਾਰ-) ਸਮੁੰਦਰ। ਤਰੇ-ਪਾਰ ਲੰਘ ਗਏ। ਭੈ-[ਲਫ਼ਜ਼ 'ਭਉ' ਤੋਂ ਬਹੁ ਵਚਨ] ਸਾਰੇ ਡਰ। ਠਾਕੁਰ ਪਰ-ਤਾਪ-ਮਾਲਕ-ਪ੍ਰਭੂ ਦੀ ਵਡਿਆਈ। ੨।

ਅਰਥ :-ਹੇ ਭਾਈ ! ਪਰਮਾਤਮਾ ਨੇ ਆਪਣੇ ਸੇਵਕਾਂ ਦੀ ਸਦਾ ਹੀ ਰੱਖਿਆ ਕੀਤੀ ਹੈ। ਮੇਹਰ ਕਰ ਕੇ (ਆਪਣੇ ਸੇਵਕਾਂ ਨੂੰ) ਆਪਣੇ ਨਾਮ ਦੀ ਦਾਤਿ ਦੇਂਦਾ

ਆਇਆ ਹੈ (ਜਿਨ੍ਹਾਂ ਨੂੰ ਨਾਮ ਦੀ ਦਾਤਿ ਬਖ਼ਸ਼ਦਾ ਹੈ ਉਹਨਾਂ ਦੇ) ਸਾਰੇ ਚਿੰਤਾ-ਫ਼ਿਕਰ ਤੇ ਦੁੱਖ-ਕਲੇਸ਼ ਨਾਸ ਹੋ ਜਾਂਦੇ ਹਨ । ੧ । ਰਹਾਉ ।

ਹੇ ਸੰਤ ਜਨੋ ! ਸਾਰੇ (ਰਲ ਕੇ) ਪ੍ਰਭੂ ਦੇ ਗੁਣ ਗਾਂਦੇ ਰਿਹਾ ਕਰੋ, ਜੀਭ ਨਾਲ ਸੋਹਣੇ ਰਾਗਾਂ ਦੀ ਰਾਹੀਂ ਉਸ ਦੇ ਗੁਣਾਂ ਦਾ ਉਚਾਰਨ ਕਰਦੇ ਰਿਹਾ ਕਰੋ । (ਜੇਹੜੇ ਮਨੁੱਖ ਪ੍ਰਭੂ ਦੇ ਗੁਣਾਂ ਦਾ ਉਚਾਰਨ ਕਰਦੇ ਹਨ, ਉਹਨਾਂ ਦੀ) ਕ੍ਰੋੜਾਂ ਜਨਮਾਂ ਦੀ (ਮਾਇਆ ਦੀ) ਤ੍ਰਿਸ਼ਨਾ ਦੂਰ ਹੋ ਜਾਂਦੀ ਹੈ, ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਦੀ ਬਰਕਤਿ ਨਾਲ ਉਹਨਾਂ ਦਾ ਮਨ ਰੱਜ ਜਾਂਦਾ ਹੈ । ੧ ।

ਹੇ ਭਾਈ ! ਜੇਹੜੇ ਮਨੁੱਖ ਸੁਖਾਂ ਦੇ ਦੇਣ ਵਾਲੇ ਪ੍ਰਭੂ ਦੇ ਚਰਨ ਫੜੀ ਰੱਖਦੇ ਹਨ, ਸੁਖਦਾਤੇ ਪ੍ਰਭੂ ਦੀ ਸ਼ਰਨ ਪਏ ਰਹਿੰਦੇ ਹਨ, ਗੁਰੂ ਦੇ ਉਪਦੇਸ਼ ਦੀ ਰਾਹੀਂ ਪ੍ਰਭੂ ਦੇ ਨਾਮ ਦਾ ਜਾਪ ਜਪਦੇ ਰਹਿੰਦੇ ਹਨ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ, ਉਹਨਾਂ ਦੇ ਸਾਰੇ ਡਰ ਭਰਮ ਨਾਸ ਹੋ ਜਾਂਦੇ ਹਨ । ਹੇ ਨਾਨਕ ! ਆਖ—ਇਹ ਸਾਰੀ ਵਡਿਆਈ ਮਾਲਕ-ਪ੍ਰਭੂ ਦੀ ਹੀ ਹੈ । ੨ । ੫ । ੯੫ ।

ਬਿਲਾਵਲੁ ਮਹਲਾ ੫ ॥ ਤਾਪੁ ਲਾਹਿਆ ਗੁਰ ਸਿਰਜਨਹਾਰਿ ॥ ਸਤਿਗੁਰ ਅਪਨੇ ਕਉ ਬਲਿ ਜਾਈ ਜਿਨਿ ਪੈਜ ਰਖੀ ਸਾਰੈ ਸੰਸਾਰਿ ॥੧॥ ਰਹਾਉ ॥ ਕਰੁ ਮਸਤਕਿ ਧਾਰਿ ਬਾਲਿਕੁ ਰਖਿ ਲੀਨੋ ॥ ਪ੍ਰਭਿ ਅੰਮ੍ਰਿਤ ਨਾਮੁ ਮਹਾ ਰਸੁ ਦੀਨੋ੍ ॥੧॥ ਦਾਸ ਕੀ ਲਾਜ ਰਖੈ ਮਿਹਰਵਾਨੁ ॥ ਗੁਰੁ ਨਾਨਕੁ ਬੋਲੈ ਦਰਗਹ ਪਰਵਾਨੁ ॥ ੨ ॥ ੬ ॥ ੯੬ ॥ [ਪੰਨਾ ੮੨੧]

ਪਦ ਅਰਥ :—ਲਾਹਿਆ—ਉਤਾਰਿਆ । ਸਿਰਜਨਹਾਰਿ—ਸਿਰਜਨਹਾਰ ਨੇ, ਕਰਤਾਰ ਨੇ । ਕਉ—ਨੂੰ, ਤੋਂ । ਬਲਿ ਜਾਈ—ਬਲਿ ਜਾਈਂ, ਮੈਂ ਸਦਕੇ ਜਾਂਦਾ ਹਾਂ । ਜਿਨਿ—ਜਿਸ (ਗੁਰੂ) ਨੇ । ਪੈਜ—ਲਾਜ, ਇੱਜ਼ਤ । ਸੰਸਾਰਿ—ਸੰਸਾਰ ਵਿਚ ।੧। ਰਹਾਉ ।

ਕਰੁ—ਹੱਥ । ਮਸਤਕਿ—ਮੱਥੇ ਉਤੇ । ਧਾਰਿ—ਰੱਖ ਕੇ । ਰਖਿ ਲੀਨੋ—(ਤਾਪ ਤੋਂ) ਬਚਾ ਲਿਆ ਹੈ । ਪ੍ਰਭਿ—ਪ੍ਰਭੂ ਨੇ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਮਹਾ ਰਸ—ਬਹੁਤ ਹੀ ਸੁਅਾਦਲਾ । ਦੀਨੋ੍—[ਅੱਖਰ 'ਨ' ਦੇ ਹੇਠ ਅੱਧਾ 'ਹ' ਹੈ] । ੧ ।

ਲਾਜ—ਇੱਜ਼ਤ । ਰਖੈ—ਰੱਖਦਾ ਹੈ । ਪਰਵਾਨੁ—ਕਬੂਲ । ੨ ।

ਅਰਥ :—ਹੇ ਭਾਈ ! ਗੁਰੂ ਨੇ ਕਰਤਾਰ ਨੇ (ਆਪ ਬਾਲਕ ਹਰਿ ਗੋਬਿੰਦ ਦਾ) ਤਾਪ ਉਤਾਰਿਆ ਹੈ । ਮੈਂ ਆਪਣੇ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ, ਜਿਸ ਨੇ ਸਾਰੇ ਸੰਸਾਰ ਵਿਚ (ਮੇਰੀ) ਇੱਜ਼ਤ ਰੱਖ ਲਈ ਹੈ (ਨਹੀਂ ਤਾਂ, ਭਰਮੀ ਲੋਕ ਤਾਂ ਸੀਤਲਾ ਦੇਵੀ ਆਦਿਕ ਦੀ ਪੂਜਾ ਵਾਸਤੇ ਬਥੇਰੀ ਪ੍ਰੇਰਨਾ ਕਰਦੇ ਰਹੇ) । ੧ । ਰਹਾਉ ।

ਹੇ ਭਾਈ ! ਪ੍ਰਭੂ ਨੇ ਆਪਣਾ ਹੱਥ (ਬਾਲਕ ਦੇ) ਸਿਰ ਉੱਤੇ ਰੱਖ ਕੇ ਬਾਲਕ ਨੂੰ (ਤਾਪ ਤੋਂ) ਬਚਾ ਲਿਆ(ਨਿਰਾ ਤਾਪ ਤੋਂ ਹੀ ਨਹੀਂ ਬਚਾਇਆ, ਅੱਨ-ਪੂਜਾ ਤੋਂ ਬਚਾ ਕੇ) ਪ੍ਰਭੂ ਨੇ ਆਤਮਕ ਜੀਵਨ ਦੇਣ ਵਾਲਾ ਤੇ ਸਭ ਤੋਂ ਸ੍ਰੇਸ਼ਟ ਰਸ ਵਾਲਾ ਆਪਣਾ ਨਾਮ ਭੀ ਦਿੱਤਾ ਹੈ। ੧।

(ਹੇ ਭਾਈ !ਚੇਤਾ ਰੱਖ) ਗੁਰੂ ਨਾਨਕ (ਉਹੀ ਕੁਝ) ਆਖਦਾ ਹੈ (ਜੋ ਪਰਮਾਤਮਾ ਦੀ) ਦਰਗਾਹ ਵਿਚ ਪਰਵਾਨ ਹੈ (ਤੇ, ਗੁਰੂ ਨਾਨਕ ਆਖਦਾ ਹੈ ਕਿ) ਮਿਹਰਵਾਨ ਪ੍ਰਭੂ ਆਪਣੇ ਸੇਵਕ ਦੀ ਇੱਜ਼ਤ (ਜ਼ਰੂਰ) ਰੱਖਦਾ ਹੈ(ਸੋ,ਹੇ ਭਾਈ ! ਦੁੱਖ-ਕਲੇਸ਼ ਵੇਲੇ ਘਬਰਾ ਕੇ ਹੋਰ ਹੋਰ ਆਸਰੇ ਨਾਹ ਭਾਲਦੇ ਫਿਰੋ)। ੨। ੬। ੯੬।

ਰਾਗੁ ਬਿਲਾਵਲੁ ਮਹਲਾ ੫ ਚਉਪਦੇ ਦੁਪਦੇ ਘਰੁ ੭

੧ ਓ ਸਤਿਗੁਰ ਪ੍ਰਸਾਦਿ ॥ ਸਤਿਗੁਰ ਸਬਦਿ ਉਜਾਰੋ ਦੀਪਾ ॥ ਬਿਨਸਿਓ ਅੰਧਕਾਰ ਤਿਹ ਮੰਦਰਿ ਰਤਨ ਕੋਠੜੀ ਖੁਲ੍ਹੀ ਅਨੂਪਾ ॥ ੧ ॥ ਰਹਾਉ ॥ ਬਿਸਮਨ ਬਿਸਮ ਭਏ ਜਉ ਪੇਖਿਓ ਕਹਨੁ ਨ ਜਾਇ ਵਡਿਆਈ॥ ਮਗਨ ਭਏ ਊਹਾ ਸੰਗਿ ਮਾਤੇ ਓਤਿ ਪੋਤਿ ਲਪਟਾਈ ॥ ੧ ॥ ਆਲ ਜਾਲ ਨਹੀ ਕਛੂ ਜੰਜਾਰਾ ਅਹੰਬੁਧਿ ਨਹੀ ਭੋਰਾ ॥ ਊਚਨ ਊਚਾ ਬੀਚੁ ਨ ਖੀਚਾ ਹਉ ਤੇਰਾ ਤੂ ਮੋਰਾ ॥ ੨ ॥ ਏਕੰਕਾਰੁ ਏਕੁ ਪਾਸਾਰਾ ਏਕੈ ਅਪਰ ਅਪਾਰਾ ॥ ਏਕੁ ਬਿਸਥੀਰਨੁ ਏਕੁ ਸੰਪੂਰਨੁ ਏਕੈ ਪ੍ਰਾਨ ਅਧਾਰਾ ॥ ੩ ॥ ਨਿਰਮਲ ਨਿਰਮਲ ਸੂਚਾ ਸੂਚੋ ਸੂਚਾ ਸੂਚੋ ਸੂਚਾ ॥ ਅੰਤ ਨ ਅੰਤਾ ਸਦਾ ਬੇਅੰਤਾ ਕਹੁ ਨਾਨਕ ਊਚੋ ਊਚਾ ॥੪॥੧॥੯੭॥ [ਪੰਨਾ ੮੨੧]

ਪਦ ਅਰਥ :—ਸਬਦਿ—ਸ਼ਬਦ ਦੀ ਰਾਹੀਂ। ਸਬਦਿ ਦੀਪਾ—ਸ਼ਬਦ-ਦੀਵੇ ਦੀ ਰਾਹੀਂ। ਉਜਾਰੋ—ਚਾਨਣ, ਆਤਮਕ ਜੀਵਨ ਦੀ ਸੂਝ । ਅੰਧਕਾਰ—ਘੁੱਪ ਹਨੇਰਾ, ਅੱਗਿਆਨਤਾ ਦਾ ਹਨੇਰਾ। ਤਿਹ ਮੰਦਰਿ—ਉਸ ਮਨ ਮੰਦਰ ਵਿਚ। ਅਨੂਪਾ—ਬਹੁਤ ਸੁੰਦਰ। ੧। ਰਹਾਉ।

ਬਿਸਮਨ ਬਿਸਮ—ਹੈਰਾਨ ਤੋਂ ਹੈਰਾਨ, ਬਹੁਤ ਹੀ ਹੈਰਾਨ । ਜਉ—ਜਦੋਂ । ਕਹਨੁ ਨ ਜਾਇ—ਬਿਆਨ ਨਹੀਂ ਹੋ ਸਕਦੀ। ਮਗਨ—ਚੁੱਭੀ ਲਾ ਲਈ। ਸੰਗੀ—ਨਾਲ। ਮਾਤੇ—ਮਸਤ। ਓਤਿ—ਉਣਤ ਵਿਚ। ਪੋਤਿ—ਪ੍ਰੋਣ ਵਿਚ। ਓਤਿ ਪੋਤਿ—ਤਾਣੇ ਪੇਟੇ ਵਾਂਗ ਮਿਲੇ ਹੋਏ। ੧।

ਆਲ ਜਾਲ—ਘਰ (ਦੇ ਮੋਹ) ਦੇ ਜਾਲ। ਜੰਜਾਰਾ—ਜੰਜਾਲ,ਝੰਬੇਲੇ। ਅਹੰਬੁਧਿ—ਹਉਮੈ ਵਾਲੀ ਬੁੱਧੀ, ਅਹੰਕਾਰ । ਭੋਰਾ—ਰਤਾ ਭੀ। ਊਚਨ ਊਚਾ—ਮਹਾਨ ਉੱਚਾ।

ਬੀਚੁ–ਪਰਦਾ, ਵਿੱਥ।ਖੀਚਾ–ਖਿੱਚਿਆ ਹੋਇਆ, ਤਣਿਆ ਹੋਇਆ। ਹਉ–ਮੈਂ, ਹਉਂ। ਮੋਰਾ–ਮੇਰਾ। ੨।

ਏਕੰਕਾਰੁ–ਇਕ ਸਰਬ-ਵਿਆਪਕ ਪਰਮਾਤਮਾ। ਅਪਰ–ਪਰੇ ਤੋਂ ਪਰੇ। ਅਪਾਰਾ–ਬੇਅੰਤ। ਬਿਸਥੀਰਨੁ–ਖਿਲਾਰਾ, ਪ੍ਰਕਾਸ਼। ਸੰਪੂਰਨੁ–ਹਰ ਥਾਂ ਵਿਆਪਕ। ਅਧਾਰਾ–ਆਸਰਾ। ੩।

ਨਿਰਮਲ ਨਿਰਮਲ–ਮਹਾਨ ਪਵਿੱਤਰ। ਸੂਚਾ...ਸੂਚਾ–ਮਹਾਨ ਸੁੱਚਾ। ੪।

ਅਰਥ :–ਹੇ ਭਾਈ ! ਜਿਸ ਮਨ-ਮੰਦਰ ਵਿਚ ਗੁਰੂ ਦੇ ਸ਼ਬਦ-ਦੀਵੇ ਦੀ ਰਾਹੀਂ (ਆਤਮਕ ਜੀਵਨ ਦਾ) ਚਾਨਣ ਜਾਂਦਾ ਹੈ, ਉਸ ਮਨ-ਮੰਦਰ ਵਿਚ ਆਤਮਕ ਗੁਣ-ਰਤਨਾਂ ਦੀ ਬੜੀ ਸੁੰਦਰ ਕੋਠੜੀ ਖੁਲ੍ਹ ਜਾਂਦੀ ਹੈ (ਜਿਸ ਦੀ ਬਰਕਤਿ ਨਾਲ ਨੀਵੇਂ ਜੀਵਨ ਵਾਲੇ) ਹਨੇਰੇ ਦਾ ਉਥੋਂ ਨਾਸ ਹੋ ਜਾਂਦਾ ਹੈ। ੧। ਰਹਾਉ।

(ਗੁਰੂ ਸ਼ਬਦ-ਦੀਵੇ ਦੇ ਚਾਨਣ ਵਿਚ) ਜਦੋਂ (ਅੰਦਰ-ਵੱਸਦੇ) ਪ੍ਰਭੂ ਦਾ ਦਰਸ਼ਨ ਹੁੰਦਾ ਹੈ ਤਦੋਂ ਮੇਰ-ਤੇਰ ਵਾਲੀਆਂ ਸਭੇ ਸੁੱਧਾਂ ਭੁੱਲ ਜਾਂਦੀਆਂ ਹਨ, ਪਰ ਉਸ ਅਵਸਥਾ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ। ਜਿਵੇਂ ਤਾਣੇ ਪੇਟੇ ਦੇ ਧਾਗੇ ਆਪੋ ਵਿਚ ਮਿਲੇ ਹੁੰਦੇ ਹਨ, ਤਿਵੇਂ ਉਸ ਪ੍ਰਭੂ ਵਿਚ ਹੀ ਸੁਰਤਿ ਡੁੱਬ ਜਾਂਦੀ ਹੈ, ਉਸ ਪ੍ਰਭੂ ਦੇ ਚਰਨਾਂ ਨਾਲ ਹੀ ਮਸਤ ਹੋ ਜਾਈਦਾ ਹੈ, ਉਸ ਦੇ ਚਰਨਾਂ ਨਾਲ ਹੀ ਚੰਬੜ ਜਾਈਦਾ ਹੈ। ੧।

(ਹੇ ਭਾਈ ! ਗੁਰੂ ਦੇ ਸ਼ਬਦ-ਦੀਵੇ ਨਾਲ ਜਦੋਂ ਮਨ-ਮੰਦਰ ਵਿਚ ਚਾਨਣ ਹੁੰਦਾ ਹੈ, ਤਦੋਂ ਉਸ ਅਵਸਥਾ ਵਿਚ)ਗ੍ਰਿਹਸਤ ਦੇ ਮੋਹ ਦੇ ਜਾਲ ਅਤੇ ਝੰਬੇਲੇ ਮਹਿਸੂਸ ਹੀ ਨਹੀਂ ਹੁੰਦੇ, ਅੰਦਰ ਕਿਤੇ ਰਤਾ ਭਰ ਭੀ 'ਮੈਂ ਮੈਂ' ਕਰਨ ਵਾਲੀ ਬੁੱਧੀ ਨਹੀਂ ਰਹਿ ਜਾਂਦੀ। ਤਦੋਂ ਮਨ-ਮੰਦਰ ਵਿਚ ਉਹ ਮਹਾਨ ਉੱਚਾ ਪਰਮਾਤਮਾ ਹੀ ਵੱਸਦਾ ਦਿੱਸਦਾ ਹੈ, ਉਸ ਨਾਲੋਂ ਕੋਈ ਪਰਦਾ ਤਣਿਆ ਨਹੀਂ ਰਹਿ ਜਾਂਦਾ। (ਉਸ ਵੇਲੇ ਉਸ ਨੂੰ ਇਉਂ ਹੀ ਆਖੀਦਾ ਹੈ–ਹੇ ਪ੍ਰਭੂ !) ਮੈਂ ਤੇਰਾ (ਦਾਸ) ਹਾਂ, ਤੂੰ ਮੇਰਾ (ਮਾਲਕ) ਹੈਂ। ੨।

(ਹੇ ਭਾਈ ! ਗੁਰੂ ਦੇ ਸ਼ਬਦ-ਦੀਵੇ ਨਾਲ ਜਦੋਂ ਮਨ-ਅੰਦਰ ਵਿਚ ਆਤਮਕ ਜੀਵਨ ਦਾ ਚਾਨਣ ਹੁੰਦਾ ਹੈ, ਤਦੋਂ ਬਾਹਰ ਜਗਤ ਵਿਚ ਭੀ) ਇਕੋ ਸਰਬ-ਵਿਆਪਕ ਬੇਅੰਤ ਪਰਮਾਤਮਾ ਆਪ ਹੀ ਆਪ ਪਸਰਿਆ ਦਿੱਸਦਾ ਹੈ। ਉਹ ਆਪ ਹੀ ਹਰ ਪਾਸੇ ਖਿਲਰਿਆ ਤੇ ਵਿਆਪਕ ਜਾਪਦਾ ਹੈ, ਉਹੀ ਜੀਵਾਂ ਦੀ ਜ਼ਿੰਦਗੀ ਦਾ ਆਸਰਾ ਦਿੱਸਦਾ ਹੈ। ੩।

ਹੇ ਨਾਨਕ ! ਆਖ–(ਜਦੋਂ ਮਨ-ਮੰਦਰ ਵਿਚ ਗੁਰ-ਸ਼ਬਦ ਦੇ ਦੀਵੇ ਨਾਲ ਪ੍ਰਕਾਸ਼ ਹੁੰਦਾ ਹੈ, ਤਦੋਂ ਇਹ ਪ੍ਰਤੱਖ ਦਿੱਸ ਪੈਂਦਾ ਹੈ ਕਿ) ਪਰਮਾਤਮਾ ਮਹਾਨ ਪਵਿੱਤਰ ਹੈ, ਮਹਾਨ

ਸੁੱਚਾ ਹੈ, ਉਸ ਦਾ ਕਦੇ ਅੰਤ ਨਹੀਂ ਪੈ ਸਕਦਾ, ਉਹ ਸਦਾ ਹੀ ਬੇਅੰਤ ਹੈ, ਅਤੇ ਉੱਚਿਆਂ ਤੋਂ ਉੱਚਾ ਹੈ (ਉਸ ਵਰਗਾ ਉੱਚਾ ਹੋਰ ਕੋਈ ਨਹੀਂ) । ੪ । ੧ । ੯੭ ।

ਨੋਟ—ਇਸ ਸੰਗ੍ਰਹ ਵਿਚ ੩੦ ਸ਼ਬਦ ਹਨ। ਸਿਰਲੇਖ ਦੱਸਦਾ ਹੈ ਕਿ ਇਹ ਚਉਪਦੇ ਅਤੇ ਦੁਪਦੇ ਰਲੇ ਹੋਏ ਹਨ । ਇਹਨਾਂ ਵਿਚੋਂ ਪਹਿਲੇ ੨ ਚਉਪਦੇ ਹਨ (ਚਾਰ ਬੰਦਾਂ ਵਾਲੇ ਸ਼ਬਦ), ਬਾਕੀ ਦੇ ੨੮ ਦੁਪਦੇ (ਦੋ ਬੰਦਾਂ ਵਾਲੇ ਸ਼ਬਦ) ਹਨ । ਅਗਲਾ ਸ਼ਬਦ ਚਉਪਦੇ ਹੈ । ਅਗਾਂਹ ਦੁਪਦੇ ਸ਼ੁਰੂ ਹੋ ਜਾਣਗੇ ।

ਬਿਲਾਵਲੁ ਮਹਲਾ ੫ ॥ ਬਿਨੁ ਹਰਿ ਕਾਮਿ ਨ ਆਵਤ ਹੇ ॥ ਜਾ ਸਿਉ ਰਾਚਿ ਮਾਚਿ ਤੁਮ੍ ਲਾਗੇ ਓਹ ਮੋਹਨੀ ਮੋਹਾਵਤ ਹੇ ॥ ੧ ॥ ਰਹਾਉ ॥ ਕਨਿਕ ਕਾਮਿਨੀ ਸੇਜ ਸੋਹਨੀ ਛੋਡਿ ਖਿਨੈ ਮਹਿ ਜਾਵਤ ਹੇ ॥ ਉਰਝਿ ਰਹਿਓ ਇੰਦ੍ਰੀ ਰਸ ਪ੍ਰੇਰਿਓ ਬਿਖੈ ਠਗਉਰੀ ਖਾਵਤ ਹੇ ॥ ੧ ॥ ਤ੍ਰਿਣ ਕੋ ਮੰਦਰੁ ਸਾਜਿ ਸਵਾਰਿਓ ਪਾਵਕੁ ਤਲੈ ਜਰਾਵਤ ਹੇ ॥ ਐਸੇ ਗੜ ਮਹਿ ਐਠਿ ਹਠੀਲੋ ਫੂਲਿ ਫੂਲਿ ਕਿਆ ਪਾਵਤ ਹੇ ॥ ੨॥ ਪੰਚ ਦੂਤ ਮੂਡ ਪਰਿ ਠਾਢੇ ਕੇਸ ਗਹੇ ਫੇਰਾਵਤ ਹੇ ॥ ਦ੍ਰਿਸਟਿ ਨ ਆਵਹਿ ਅੰਧ ਅਗਿਆਨੀ ਸੋਇ ਰਹਿਓ ਮਦ ਮਾਵਤ ਹੇ ॥ ੩ ॥ ਜਾਲੁ ਪਸਾਰਿ ਚੋਗ ਬਿਸਥਾਰੀ ਪੰਖੀ ਜਿਉ ਫਾਹਾਵਤ ਹੇ ॥ ਕਹੁ ਨਾਨਕ ਬੰਧਨ ਕਾਟਨ ਕਉ ਮੈ ਸਤਿਗੁਰੁ ਪੁਰਖੁ ਧਿਆਵਤ ਹੇ ॥ ੪ ॥ ੨ ॥ ੯੮ ॥ [ਪੰਨਾ ੮੨੧]

ਪਦ ਅਰਥ :—ਕਾਮ—ਕੰਮ ਵਿਚ । ਸਿਉ—ਜਿਸ (ਮਾਇਆ) ਨਾਲ । ਰਾਚਿ ਮਾਚਿ—ਰਚਮਿਚ ਕੇ । ਮੋਹਨੀ—ਮੰਨ ਨੂੰ ਮੋਹਣ ਵਾਲੀ ਮਾਇਆ । ਮੋਹਾਵਤ—ਠੱਗ ਰਹੀ ਹੈ । ੧ । ਰਹਾਉ ।

ਕਨਿਕ—ਸੋਨਾ । ਕਾਮਿਨੀ—ਇਸਤ੍ਰੀ । ਛੋਡਿ—ਛੱਡ ਕੇ । ਖਿਨੈ ਮਹਿ—ਖਿਨ ਵਿਚ ਹੀ । ਉਰਝਿ ਰਹਿਓ—ਉਲਝਿਆ ਰਹਿੰਦਾ ਹੈ, ਫਸਿਆ ਰਹਿੰਦਾ ਹੈ । ਇੰਦ੍ਰੀ ਰਸ—ਕਾਮ-ਵਾਸਨਾ ਦੇ ਸੁਆਦ । ਬਿਖੈ ਠਗਉਰੀ—ਵਿਸ਼ਿਆਂ ਦੀ ਠੱਗ-ਮੂਰੀ । ਠਗਉਰੀ—ਠਗ ਮੂਰੀ, ਠਗ-ਬੂਟੀ, ਉਹ ਬੂਟੀ ਜੋ ਠੱਗ ਲੋਕ ਰਾਹੀਆਂ ਨੂੰ ਖੁਆ ਕੇ ਬੇ-ਹੋਸ਼ ਕਰ ਲੈਂਦੇ ਹਨ ।੧।

ਤ੍ਰਿਣ ਕੋ—ਤੀਲਿਆਂ ਦਾ । ਮੰਦਰੁ—ਘਰ । ਸਾਜਿ—ਬਣਾ ਕੇ । ਪਾਵਕੁ—ਅੱਗ । ਤਲੈ—ਹੇਠ । ਗੜ—ਸਰੀਰ-ਕਿਲ੍ਹਾ । ਐਠਿ—ਆਕੜ ਨਾਲ । ਹਠੀਲੋ—ਹਠੀ, ਜ਼ਿੱਦੀ । ਫੂਲਿ ਫੂਲਿ—ਫੁੱਲ ਫੁੱਲ ਕੇ । ੨ ।

ਪੰਚ ਦੂਤ—(ਕਾਮਾਦਿਕ) ਪੰਜ ਵੈਰੀ । ਮੂਡ ਪਰਿ—ਸਿਰ ਉਤੇ । ਠਾਢੇ—ਖਲੋਤੇ ਹੋਏ। ਗਹੇ—ਗਹਿ, ਫੜ ਕੇ । ਕੇਸ ਗਹੇ—ਕੇਸਾਂ ਤੋਂ ਫੜ ਕੇ । ਫੇਰਾਵਤ—ਭਵਾਂਦੇ ਹਨ । ਦ੍ਰਿਸਟਿ

ਨ ਆਵਹਿ—ਦਿੱਸਦੇ ਨਹੀਂ। ਅੰਧ—ਅੰਨ੍ਹਾ। ਮਦ—ਨਸ਼ਾ। ਮਾਵਤ—ਮਸਤ। ੩।

ਪਸਾਰਿ—ਖਿਲਾਰ ਕੇ। ਬਿਸਥਾਰੀ—ਖਿਲਾਰੀ।ਪੰਖੀ—ਪੰਛੀ। ਕਉ—ਵਾਸਤੇ।੪।

ਅਰਥ :—ਹੇ ਭਾਈ ! ਪਰਮਾਤਮਾ ਦੇ ਨਾਮ ਤੋਂ ਬਿਨਾ (ਕੋਈ ਹੋਰ ਚੀਜ਼ ਤੇਰੇ ਆਤਮਕ ਜੀਵਨ ਦੇ) ਕੰਮ ਨਹੀਂ ਆ ਸਕਦੀ। ਜਿਸ ਮਨ-ਮੋਹਣੀ ਮਾਇਆ ਨਾਲ ਤੂੰ ਰਚਿਆ ਮਿਚਿਆ ਰਹਿੰਦਾ ਹੈਂ, ਉਹ ਤਾਂ ਤੈਨੂੰ ਠੱਗ ਰਹੀ ਹੈ। ੧। ਰਹਾਉ।

ਹੇ ਭਾਈ ! ਸੋਨਾ (ਧਨ-ਪਦਾਰਥ), ਇਸਤ੍ਰੀ ਦੀ ਸੋਹਣੀ ਸੇਜ—ਇਹ ਤਾਂ ਇਕ ਛਿਨ ਵਿਚ ਛੱਡ ਕੇ ਮਨੁੱਖ ਇਥੋਂ ਤੁਰ ਪੈਂਦਾ ਹੈ।ਕਾਮ-ਵਾਸਨਾ ਦੇ ਸੁਆਦਾਂ ਦਾ ਪ੍ਰੇਰਿਆ ਹੋਇਆ ਤੂੰ ਕਾਮ-ਵਾਸਨਾ ਵਿਚ ਫਸਿਆ ਪਿਆ ਹੈਂ,ਅਤੇ ਵਿਸ਼ੇ-ਵਿਕਾਰਾਂ ਦੀ ਠਗ-ਬੂਟੀ ਖਾ ਰਿਹਾ ਹੈਂ (ਜਿਸ ਦੇ ਕਾਰਨ ਤੂੰ ਆਤਮਕ ਜੀਵਨ ਵਲੋਂ ਬੇ-ਹੋਸ਼ ਪਿਆ ਹੈਂ)। ੧।

ਹੇ ਭਾਈ ! ਤੀਲਿਆਂ ਦਾ ਘਰ ਬਣਾ ਸਵਾਰ ਕੇ ਤੂੰ ਉਸ ਦੇ ਹੇਠ ਅੱਗ ਬਾਲ ਰਿਹਾ ਹੈਂ(ਇਸ ਸਰੀਰ ਵਿਚ ਕਾਮਾਦਿਕ ਵਿਕਾਰਾਂ ਦਾ ਭਾਂਬੜ ਮਚਾ ਕੇ ਆਤਮਕ ਜੀਵਨ ਨੂੰ ਸੁਆਹ ਕਰੀ ਜਾ ਰਿਹਾ ਹੈਂ। ਵਿਕਾਰਾਂ ਵਿਚ ਸੜ ਰਹੇ) ਇਸ ਸਰੀਰ-ਕਿਲ੍ਹੇ ਵਿਚ ਆਕੜ ਕੇ ਹਠੀ ਹੋਇਆ ਬੈਠਾ ਤੂੰ ਮਾਣ ਕਰ ਕਰ ਕੇ ਹਾਸਲ ਤਾਂ ਕੁਝ ਭੀ ਨਹੀਂ ਕਰ ਰਿਹਾ। ੨।

ਹੇ ਅੰਨ੍ਹੇ ਅਗਿਆਨੀ ! ਕਾਮਾਦਿਕ ਪੰਜੇ ਵੈਰੀ ਤੇਰੇ ਸਿਰ ਉਤੇ ਖਲੋਤੇ ਹੋਏ ਤੈਨੂੰ ਜ਼ਲੀਲ ਕਰ ਰਹੇ ਹਨ, ਪਰ ਤੈਨੂੰ ਉਹ ਦਿੱਸਦੇ ਨਹੀਂ, ਤੂੰ ਵਿਕਾਰਾਂ ਦੇ ਨਸ਼ੇ ਵਿਚ ਮਸਤ ਹੋ ਕੇ ਆਤਮਕ ਜੀਵਨ ਵਲੋਂ ਬੇ-ਫ਼ਿਕਰ ਹੋਇਆ ਪਿਆ ਹੈਂ। ੩।

ਹੇ ਭਾਈ ! ਜਿਵੇਂ ਕਿਸੇ ਪੰਛੀ ਨੂੰ ਫੜਨ ਲਈ ਜਾਲ ਖਿਲਾਰ ਕੇ ਉਸ ਉਤੇ ਚੋਗ ਖਿਲਾਰੀ ਜਾਂਦੀ ਹੈ, ਤਿਵੇਂ ਤੂੰ (ਦੁਨੀਆ ਦੇ ਪਦਾਰਥਾਂ ਦੇ ਚੋਗ ਵਿਚ) ਫਸ ਰਿਹਾ ਹੈਂ। ਹੇ ਨਾਨਕ ! ਆਖ—(ਹੇ ਭਾਈ !) ਮਾਇਆ ਦੇ ਬੰਧਨਾਂ ਨੂੰ ਕੱਟਣ ਵਾਸਤੇ ਮੈਂ ਤਾਂ ਗੁਰੂ ਮਹਾ ਪੁਰਖ ਨੂੰ ਆਪਣੇ ਹਿਰਦੇ ਵਿਚ ਵਸਾ ਰਿਹਾ ਹਾਂ। ੪। ੨। ੮੮।

ਨੋਟ: ਚਉਪਦੇ ਖ਼ਤਮ ਹੋ ਗਏ। ਅਗਾਂਹ ਦੁਪਦੇ ਚੱਲ ਪਏ ਹਨ।

ਬਿਲਾਵਲੁ ਮਹਲਾ ੫ ॥ ਹਰਿ ਹਰਿ ਨਾਮੁ ਅਪਾਰ ਅਮੋਲੀ ॥ ਪ੍ਰਾਨ ਪਿਆਰੋ ਮਨਹਿ ਅਧਾਰੋ ਚੀਤਿ ਚਿਤਉ ਜੈਸੇ ਪਾਨ ਤੰਬੋਲੀ ॥ ੧ ॥ਰਹਾਉ ॥
ਸਹਜਿ ਸਮਾਇਓ ਗੁਰਹਿ ਬਤਾਇਓ ਰੰਗਿ ਰੰਗੀ ਮੇਰੇ ਤਨ ਕੀ ਚੋਲੀ ॥
ਪ੍ਰਿਅ ਮੁਖਿ ਲਾਗੋ ਜਉ ਵਡਭਾਗੋ ਸੁਹਾਗੁ ਹਮਾਰੋ ਕਤਹੁ ਨਾ ਡੋਲੀ ॥ ੧ ॥
ਰੂਪ ਨ ਧੂਪ ਨ ਗੰਧ ਨ ਦੀਪਾ ਓਤਿ ਪੋਤਿ ਅੰਗ ਅੰਗ ਸੰਗਿ ਮਉਲੀ ॥
ਕਹੁ ਨਾਨਕ ਪ੍ਰਿਅ ਰਵੀ ਸੁਹਾਗਨਿ ਅਤਿ ਨੀਕੀ ਮੇਰੀ ਬਨੀ ਖਟੋਲੀ ॥

੨ ॥ ੩ ॥ ੮੯ ॥ [ਪੰਨਾ ੮੨੨]

ਪਦ ਅਰਥ :-ਅਮੋਲੀ-ਅਮੋਲਕ, ਜੋ ਕਿਸੇ ਭੀ ਮੁੱਲ ਤੋਂ ਨਹੀਂ ਮਿਲ ਸਕਦਾ। ਪ੍ਰਾਨ ਪਿਆਰੋ-ਜਿੰਦ ਦਾ ਪਿਆਰਾ। ਮਨਹਿ ਅਧਾਰੋ-ਮਨ ਦਾ ਆਸਰਾ। ਚੀਤਿ-ਚਿੱਤ ਵਿਚ। ਚਿਤਉ-ਚਿਤਉਂ, ਮੈਂ ਚਿਤਾਰਦੀ ਹਾਂ। ਤੰਬੋਲੀ-ਪਾਨ ਵੇਚਣ ਵਾਲੀ। ੧। ਰਹਾਉ।

ਸਹਜਿ-ਆਤਮਕ ਅਡੋਲਤਾ ਵਿਚ। ਗੁਰਹਿ-ਗੁਰੂ ਨੇ! ਰੰਗਿ-ਪ੍ਰੇਮ-ਰੰਗ ਵਿਚ। ਪ੍ਰਿਅ ਮੁਖਿ ਲਾਗੋ-ਪਿਆਰੇ ਦੇ ਮੂੰਹ ਲੱਗੀ, ਪਿਆਰੇ ਦਾ ਦਰਸ਼ਨ ਹੋਇਆ। ਜਉ-ਜਦੋਂ। ਕਤਹੂ-ਕਿਤੇ ਭੀ। ਡੋਲੀ-ਡੋਲਦਾ। ੧।

ਗੰਧ-ਸੁਗੰਧੀਆਂ। ਦੀਪਾ-ਦੀਵਾ। ਓਤਿ ਪੋਤਿ-ਤਾਣੇ ਪੇਟੇ ਵਾਂਗ ਮਿਲ ਗਈ। ਸੰਗਿ-ਨਾਲ। ਮਉਲੀ-ਖਿੜ ਪਈ। ਪ੍ਰਿਅ-ਪਿਆਰੇ ਨੇ। ਰਵੀ-ਮੇਲ ਦਾ ਆਨੰਦ ਦਿੱਤਾ। ਅਤਿ ਨੀਕੀ-ਬਹੁਤ ਸੋਹਣੀ। ਖਟੋਲੀ-ਨਿੱਕੀ ਜਿਹੀ ਖਾਟ, ਹਿਰਦਾ-ਸੇਜ। ੨।

ਅਰਥ :-(ਹੇ ਸਹੇਲੀਏ!) ਬੇਅੰਤ ਹਰੀ ਦਾ ਨਾਮ ਕਿਸੇ ਦੁਨੀਆਵੀ ਪਦਾਰਥ ਵੱਟੇ ਨਹੀਂ ਮਿਲ ਸਕਦਾ। ਉਹ ਹਰਿ-ਨਾਮ ਮੇਰੀ ਜਿੰਦ ਦਾ ਪਿਆਰਾ ਬਣ ਗਿਆ ਹੈ, ਮੇਰੇ ਮਨ ਦਾ ਸਹਾਰਾ ਬਣ ਗਿਆ ਹੈ। ਜਿਵੇਂ ਕੋਈ ਪਾਨ ਵੇਚਣ ਵਾਲੀ (ਆਪਣੇ) ਪਾਨਾਂ ਦਾ ਖਿਆਲ ਰੱਖਦੀ ਹੈ, ਤਿਵੇਂ ਮੈਂ ਹਰਿ-ਨਾਮ ਨੂੰ ਆਪਣੇ ਚਿੱਤ ਵਿਚ ਚਿਤਾਰਦੀ ਰਹਿੰਦੀ ਹਾਂ। ੧। ਰਹਾਉ।

(ਹੇ ਸਹੇਲੀਏ!) ਜਦੋਂ ਗੁਰੂ ਨੇ ਮੈਨੂੰ (ਭੇਦ) ਦੱਸ ਦਿੱਤਾ, ਤਾਂ ਮੈਂ ਆਤਮਕ ਅਡੋਲਤਾ ਵਿਚ ਲੀਨ ਹੋ ਗਈ, ਹੁਣ ਮੇਰੀ ਸਰੀਰ-ਚੋਲੀ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੀ ਗਈ ਹੈ। ਜਦੋਂ ਤੋਂ (ਗੁਰੂ ਦੀ ਕਿਰਪਾ ਨਾਲ) ਮੇਰੇ ਵੱਡੇ ਭਾਗ ਜਾਗ ਪਏ ਹਨ, ਤਦੋਂ ਤੋਂ ਮੈਨੂੰ ਪਿਆਰੇ ਦਾ ਦਰਸਨ ਹੋ ਰਿਹਾ ਹੈ। ਹੁਣ ਮੇਰਾ ਇਹ ਸੁਹਾਗ (ਮੇਰੇ ਸਿਰ ਤੋਂ) ਲਾਂਭੇ ਨਹੀਂ ਹੋਵੇਗਾ। ੧।

(ਹੇ ਸਹੇਲੀਏ!) ਨਾਂਹ ਕੋਈ ਸੋਹਣੇ ਪਦਾਰਥ, ਨਾਂਹ ਕੋਈ ਧੂਪ, ਨਾਂਹ ਸੁਗੰਧੀਆਂ, ਨਾਂਹ ਦੀਵੇ (-ਕੋਈ ਭੀ ਅਜੇਹੇ ਪਦਾਰਥ ਮੈਂ ਆਪਣੇ ਪਤੀ ਦੇਵ ਅੱਗੇ ਭੇਟਾ ਨਹੀਂ ਕੀਤੇ। ਗੁਰੂ ਦੀ ਕਿਰਪਾ ਨਾਲ ਹੀ) ਮੇਰਾ ਆਪਾ ਪ੍ਰਭੂ-ਪਤੀ ਨਾਲ ਇੱਕ-ਮਿੱਕ ਹੋ ਗਿਆ ਹੈ,ਉਸ ਦੇ ਨਾਲ ਮਿਲ ਕੇ ਮੇਰਾ ਮਨ ਖਿੜ ਪਿਆ ਹੈ। ਹੇ ਨਾਨਕ! ਆਖ-(ਹੇ ਸਹੇਲੀਏ!) ਪਿਆਰੇ ਪ੍ਰਭੂ ਨੇ ਮੈਨੂੰ ਸੁਹਾਗਣ ਬਣਾ ਕੇ ਆਪਣੇ ਨਾਲ ਮਿਲਾ ਲਿਆ ਹੈ, ਮੇਰੀ ਹਿਰਦਾ-ਸੇਜ ਹੁਣ ਬਹੁਤ ਸੋਹਣੀ ਬਣ ਗਈ ਹੈ! ੨। ੩। ੮੯।

ਬਿਲਾਵਲੁ ਮਹਲਾ ੫॥ ਗੋਬਿੰਦ ਗੋਬਿੰਦ ਗੋਬਿੰਦ ਮਈ ॥ ਜਬ ਤੇ ਭੇਟੇ ਸਾਧ ਦਇਆਰਾ ਤਬ ਤੇ ਦੁਰਮਤਿ ਦੂਰਿ ਭਈ ॥ ੧ ॥ ਰਹਾਉ ॥ ਪੂਰਨ ਪੂਰਿ ਰਹਿਓ ਸੰਪੂਰਨ ਸੀਤਲ ਸਾਂਤਿ ਦਇਆਲ ਦਈ ॥ ਕਾਮ ਕ੍ਰੋਧ ਤ੍ਰਿਸਨਾ ਅਹੰਕਾਰਾ ਤਨ ਤੇ ਹੋਏ ਸਗਲ ਖਈ ॥੧॥ ਸਤੁ ਸੰਤੋਖੁ ਦਇਆ ਧਰਮੁ ਸੁਚਿ ਸੰਤਨ ਤੇ ਇਹੁ ਮੰਤੁ ਲਈ ॥ ਕਹੁ ਨਾਨਕ ਜਿਨਿ ਮਨਹੁ ਪਛਾਨਿਆ ਤਿਨ੍ ਕਉ ਸਗਲੀ ਸੋਝ ਪਈ ॥੨॥੪॥੯੦॥ [੮੨੨]

ਪਦ ਅਰਥ :–ਗੋਬਿੰਦ ਮਈ–ਗੋਬਿੰਦ-ਮਯ, ਗੋਬਿੰਦ ਦਾ ਰੂਪ। ਜਬ ਤੇ–ਜਦੋਂ ਤੋਂ। ਭੇਟੇ–ਮਿਲੇ ਹਨ। ਸਾਧ–ਗੁਰੂ। ਦਇਆਰਾ–ਦਇਆਲ। ਦੁਰਮਤਿ–ਖੋਟੀ ਮਤਿ।੧। ਰਹਾਉ।

ਪੂਰਿ ਰਹਿਓ–ਵਿਆਪਕ ਹੈ, ਹਰ ਥਾਂ ਮੌਜੂਦ ਹੈ। ਸੀਤਲ–ਠੰਢ ਬਖ਼ਸ਼ਣ ਵਾਲਾ। ਦਈ–ਦਯੁ, ਪਿਆਰਾ। ਤਨ ਤੇ–ਸਰੀਰ ਤੋਂ। ਖਈ–ਨਾਸ ਹੋ ਗਏ।੧।

ਸਤੁ–ਦਾਨ, ਸੇਵਾ। ਸੁਚਿ–ਆਤਮਕ ਪਵਿਤ੍ਰਤਾ। ਸੰਤਨ ਤੇ–ਸੰਤ ਜਨਾਂ ਪਾਸੋਂ। ਮੰਤੁ–ਉਪਦੇਸ਼। ਜਿਨਿ–ਜਿਨਿ ਜਿਨਿ, ਜਿਸ ਜਿਸ ਨੇ। ਮਨਹੁ–ਮਨ ਦੀ ਰਾਹੀਂ। ਪਛਾਨਿਆ–ਸਾਂਝ ਪਾਈ। ਸਗਲੀ–ਸਾਰੀ।

ਅਰਥ :–ਹੇ ਭਾਈ! ਜਦੋਂ ਤੋਂ (ਕਿਸੇ ਮਨੁੱਖ ਨੂੰ) ਦਇਆ ਦਾ ਸੋਮਾ ਗੁਰੂ ਮਿਲ ਪੈਂਦਾ ਹੈ, ਤਦੋਂ ਤੋਂ (ਉਸ ਦੇ ਅੰਦਰੋਂ) ਖੋਟੀ ਮਤਿ ਦੂਰ ਹੋ ਜਾਂਦੀ ਹੈ, ਸਦਾ ਗੋਬਿੰਦ ਦਾ ਨਾਮ ਸਿਮਰ ਸਿਮਰ ਕੇ ਉਹ ਗੋਬਿੰਦ ਦਾ ਰੂਪ ਹੀ ਹੋ ਜਾਂਦਾ ਹੈ।੧। ਰਹਾਉ।

(ਹੇ ਭਾਈ! ਜਦੋਂ ਕਿਸੇ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਤਦੋਂ ਉਸ ਨੂੰ ਨਿਸ਼ਚਾ ਬਣ ਜਾਂਦਾ ਹੈ ਕਿ) ਦਇਆ ਅਤੇ ਸ਼ਾਂਤੀ ਦਾ ਪੁੰਜ ਸਾਰੇ ਗੁਣਾਂ ਨਾਲ ਭਰਪੂਰ ਪਿਆਰਾ ਪ੍ਰਭੂ ਹਰ ਥਾਂ ਵਿਆਪਕ ਹੈ।(ਸਿਮਰਨ ਦੀ ਬਰਕਤਿ ਨਾਲ) ਉਸ ਦੇ ਸਰੀਰ ਵਿਚੋਂ ਕਾਮ ਕ੍ਰੋਧ ਤ੍ਰਿਸ਼ਨਾ ਅਹੰਕਾਰ ਆਦਿਕ ਸਾਰੇ ਵਿਕਾਰ ਨਾਸ ਹੋ ਜਾਂਦੇ ਹਨ।੧।

(ਹੇ ਭਾਈ! ਜਦੋਂ ਕਿਸੇ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ) ਸੇਵਾ, ਸੰਤੋਖ, ਦਇਆ, ਧਰਮ, ਪਵਿੱਤ੍ਰ ਜੀਵਨ (ਆਪਣੇ ਅੰਦਰ ਪੈਦਾ ਕਰਨ ਦਾ) ਇਹ ਉਪਦੇਸ਼ ਸੰਤ ਜਨਾਂ ਪਾਸੋਂ ਗ੍ਰਹਿਣ ਕਰਦਾ ਹੈ। ਹੇ ਨਾਨਕ! ਆਖ–ਜਿਸ ਜਿਸ ਮਨੁੱਖ ਨੇ ਆਪਣੇ ਮਨ ਦੀ ਰਾਹੀਂ (ਗੁਰੂ ਨਾਲ) ਸਾਂਝ ਪਾਈ, ਉਹਨਾਂ ਨੂੰ (ਉੱਚੇ ਆਤਮਕ ਜੀਵਨ ਦੀ) ਸਾਰੀ ਸਮਝ ਆ ਗਈ।੨।੪।੯੦।

ਬਿਲਾਵਲੁ ਮਹਲਾ ੫ ॥ ਕਿਆ ਹਮ ਜੀਅ ਜੰਤ ਬੇਚਾਰੇ ਬਰਨਿ ਨ ਸਾਕਤ ਏਕ ਰੋਮਾਈ ॥ ਬ੍ਰਹਮ ਮਹੇਸ ਸਿਧ ਮੁਨਿ ਇੰਦ੍ਰਾ ਬੇਅੰਤ ਠਾਕੁਰ

ਤੇਰੀ ਗਤਿ ਨਹੀ ਪਾਈ ॥ ੧ ॥ ਕਿਆ ਕਥੀਐ ਕਿਛੁ ਕਥਨੁ ਨ ਜਾਈ ॥ ਜਹ ਜਹ ਦੇਖਾ ਤਹ ਰਹਿਆ ਸਮਾਈ ॥੧॥ ਰਹਾਉ ॥ ਜਹ ਮਹਾ ਭਇਆਨ ਦੂਖ ਜਮ ਸੁਣੀਐ ਤਹ ਮੇਰੇ ਪ੍ਰਭ ਤੂ ਹੈ ਸਹਾਈ ॥ ਸਰਨਿ ਪਰਿਓ ਹਰਿ ਚਰਨ ਗਹੇ ਪ੍ਰਭ ਗੁਰਿ ਨਾਨਕ ਕਉ ਬੂਝ ਬੁਝਾਈ॥੨॥੫॥੯੧॥[੮੨੨]

ਪਦ ਅਰਥ:-ਬਰਨਿ ਨ ਸਾਕਹ-ਅਸੀ ਬਿਆਨ ਨਹੀਂ ਕਰ ਸਕਦੇ।ਸਾਕਹ-[ਵਰਤਮਾਨ ਕਾਲ,ਉੱਤਮ ਪੁਰਖ, ਬਹੁ ਵਚਨ]।ਰੋਮਾਈ-ਰੋਮ ਜਿਤਨਾ ਭੀ। ਮਹੇਸ-ਸ਼ਿਵ। ਸਿਧ-ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਮੁਨਿ-ਸਮਾਧੀਆਂ ਲਾਈ ਬੈਠੇ ਰਿਸ਼ੀ। ਠਾਕੁਰ-ਹੇ ਠਾਕੁਰ !ਗਤਿ-ਹਾਲਤ। ਤੇਰੀ ਗਤਿ ਨਹੀਂ ਪਾਈ-ਤੂੰ ਕਿਹੋ ਜਿਹਾ ਹੈਂ-ਇਸ ਗੱਲ ਦੀ ਸਮਝ ਨਹੀਂ ਆ ਸਕੀ। ੧।

ਕਿਆ ਕਥੀਐ-ਕੀਹ ਦੱਸੀਏ ? ਜਹ ਜਹ-ਜਿੱਥੇ ਜਿੱਥੇ। ਦੇਖਾ-ਦੇਖਾਂ, ਮੈਂ ਵੇਖਦਾ ਹਾਂ। ੧। ਰਹਾਉ।

ਜਹ-ਜਿੱਥੇ। ਭਇਆਨ-ਭਿਆਨਕ। ਦੂਖ ਜਮ-ਜਮ ਦੂਖ, ਜਮਾਂ ਦੇ ਦੁੱਖ। ਤਹ-ਉੱਥੇ। ਪ੍ਰਭ-ਹੇ ਪ੍ਰਭੂ ! ਗਹੇ-ਫੜੇ। ਗੁਰਿ-ਗੁਰੂ ਨੇ। ਕਉ-ਨੂੰ। ਬੂਝ ਬੁਝਾਈ-ਸਮਝ ਬਖ਼ਸ਼ੀ ਹੈ। ੨।

ਅਰਥ:-ਹੇ ਭਾਈ !(ਪਰਮਾਤਮਾ ਕਿਹੋ ਜਿਹਾ ਹੈ ?-ਇਹ ਗੱਲ)ਕੀਹ ਦੱਸੀਏ ? ਦੱਸੀ ਨਹੀਂ ਜਾ ਸਕਦੀ। ਮੈਂ ਤਾਂ ਜਿਧਰ ਤੱਕਦਾ ਹਾਂ, ਉਧਰ ਪਰਮਾਤਮਾ ਹੀ ਸਭ ਥਾਈਂ ਮੌਜੂਦ ਹੈ। ੧। ਰਹਾਉ।

ਹੇ ਮੇਰੇ ਮਾਲਕ!(ਅਸੀ ਜੀਵ ਤੇਰੇ ਪੈਦਾ ਕੀਤੇ ਹੋਏ ਹਾਂ)ਅਸਾਂ ਵਿਚਾਰੇ ਜੀਵਾਂ ਦੀ ਕੋਈ ਪਾਂਇਆਂ ਹੀ ਨਹੀਂ ਕਿ ਤੇਰੀ ਬਾਬਤ ਇਕ ਰੋਮ ਜਿਤਨਾ ਭੀ ਕੁਝ ਕਹਿ ਸਕੀਏ। (ਅਸੀ ਸਾਧਾਰਨ ਜੀਵ ਤਾਂ ਕਿਸੇ ਗਿਣਤੀ ਵਿਚ ਹੀ ਨਹੀਂ) ਬ੍ਰਹਮਾ, ਸ਼ਿਵ, ਸਿੱਧ, ਮੁਨੀ, ਇੰਦ੍ਰ (ਆਦਿਕ ਵਰਗੇ) ਬੇਅੰਤ ਇਹ ਨਹੀਂ ਸਮਝ ਸਕੇ ਕਿ ਤੂੰ ਕਿਹੋ ਜਿਹਾ ਹੈਂ। ੧।

ਹੇ ਮੇਰੇ ਪ੍ਰਭੂ ! ਜਿੱਥੇ ਇਹ ਸੁਣੀਦਾ ਹੈ ਕਿ ਜਮਾਂ ਦੇ ਬੜੇ ਹੀ ਭਿਆਨਕ ਦੁੱਖ ਮਿਲਦੇ ਹਨ, ਉਥੇ ਤੂੰ ਹੀ (ਬਚਾਣ ਵਾਸਤੇ) ਮਦਦਗਾਰ ਬਣਦਾ ਹੈਂ-ਗੁਰੂ ਨੇ (ਮੈਨੂੰ) ਨਾਨਕ ਨੂੰ ਇਹ ਸਮਝ ਬਖ਼ਸ਼ੀ ਹੈ। ਤਾਹੀਏਂ ਮੈਂ ਨਾਨਕ ਤੇਰੀ ਸਰਨ ਆ ਪਿਆ ਹਾਂ, ਤੇਰੇ ਚਰਨ ਫੜ ਲਏ ਹਨ। ੨। ੫। ੯੧।

ਬਿਲਾਵਲੁ ਮਹਲਾ ੫॥ ਅਗਮ ਰੂਪ ਅਬਿਨਾਸੀ ਕਰਤਾ ਪਤਿਤ ਪਵਿਤ ਇਕ ਨਿਮਖ ਜਪਾਈਐ ॥ ਅਚਰਜੁ ਸੁਨਿਓ, ਪਰਾਪਤਿ, ਭੇਟੁਲੇ

ਸੰਤ ਚਰਨ, ਚਰਨ ਮਨੁ ਲਾਈਐ ॥ ੧ ॥ ਕਿਤੁ ਬਿਧੀਐ ਕਿਤੁ ਸੰਜਮਿ ਪਾਈਐ ॥ ਕਹੁ ਸੁਰਜਨ ਕਿਤੁ ਜੁਗਤਿ ਧਿਆਈਐ ॥ ੧ ॥ ਰਹਾਉ ॥ ਜੋ ਮਾਨੁਖੁ ਮਾਨੁਖ ਕੀ ਸੇਵਾ ਓਹੁ ਤਿਸ ਕੀ ਲਈ ਲਈ ਫੁਨਿ ਜਾਈਐ ॥ ਨਾਨਕ ਸਰਨਿ ਸਰਣਿ ਸੁਖ ਸਾਗਰ ਮੋਹਿ ਟੇਕ ਤੇਰੋ ਇਕ ਨਾਈਐ ॥੨॥ ੬ ॥ ੯੨ ॥ [ਪੰਨਾ ੮੨੨]

ਪਦ ਅਰਥ :–ਅਗਮ–ਅਪਹੁੰਚ। ਅਗਮ ਰੂਪ–ਅਪਹੁੰਚ ਹਸਤੀ ਵਾਲਾ। ਪਤਿਤ ਪਵਿਤ–ਵਿਕਾਰੀਆਂ ਨੂੰ ਪਵਿੱਤ੍ਰ ਕਰਨ ਵਾਲਾ। ਨਿਮਖ–[ਨਿਮੇਸ਼] ਅੱਖ ਝਮਕਣ ਜਿਤਨਾ ਸਮਾ। ਇਕ ਨਿਮਖ–ਇਕ ਇਕ ਨਿਮਖ, ਹਰ ਵੇਲੇ, ਨਿਮਖ ਨਿਮਖ। ਜਪਾਈਐ–ਜਪੀਐ, ਜਪਣਾ ਚਾਹੀਦਾ ਹੈ। ਪਰਾਪਤਿ–ਮਿਲਾਪ । ਭੇਟੂਲੇ–ਭੇਟਿਆਂ, ਮਿਲਿਆਂ। ਚਰਨ–ਚਰਨਾਂ ਵਿਚ। ੧।

ਕਿਤੁ ਬਿਧੀਐ–ਕਿਸ ਵਿਧੀ ਨਾਲ ? ਕਿਤੁ ਸੰਜਮਿ–ਕਿਸ ਸੰਜਮ ਨਾਲ ? ਕਿਤੁ–[ਲਫ਼ਜ਼ 'ਕਿਸੁ' ਤੋਂ ਕਰਣ ਕਾਰਕ] ਕਿਸ ਦੀ ਰਾਹੀਂ ? ਸੰਜਮ–ਬੰਧੇਜ। ਸੁਰਜਨ–ਹੇ ਭਲੇ ਪੁਰਖ ! ਕਹੁ–ਦੱਸ। ਕਿਤੁ ਜੁਗਤੀ–ਕਿਸ ਤਰੀਕੇ ਨਾਲ ? ੧। ਰਹਾਉ।

ਜੋ ਮਾਨੁਖੁ ਮਾਨੁਖ ਕੀ–[ਲਫ਼ਜ਼ 'ਮਾਨੁਖੁ' ਅਤੇ 'ਮਾਨੁਖ' ਦਾ ਵਿਆਕਰਨਿਕ ਫ਼ਰਕ ਚੇਤੇ ਰੱਖਣ-ਜੋਗ ਹੈ]। ਤਿਸ ਕੀ–[ਲਫ਼ਜ਼ 'ਤਿਸੁ' ਦਾ _ ਸੰਬੰਧਕ'ਕੀ' ਦੇ ਕਾਰਨ ਉੱਡ ਗਿਆ ਹੈ] ਉਸ ਦੀ (ਕੀਤੀ ਸੇਵਾ)। ਲਈ ਲਈ ਜਾਈਐ–ਲਈ ਹੀ ਜਾਂਦਾ ਹੈ, ਸਦਾ ਚੇਤੇ ਰੱਖਦਾ ਹੈ। ਸੁਖ ਸਾਗਰੁ–ਸੁਖਾਂ ਦਾ ਸਮੁੰਦਰ। ਮੋਹਿ–ਮੈਨੂੰ। ਇਕ ਨਾਈਐ–ਇਕ ਨਾਮ ਦੀ, ਸਿਰਫ਼ ਨਾਮ ਦੀ। ਫੁਨਿ–ਮੁੜ, ਮੁੜ ਮੁੜ। ੨।

ਅਰਥ :–ਹੇ ਭਲੇ ਪੁਰਖ ! (ਮੈਨੂੰ) ਦੱਸ ਕਿ ਪਰਮਾਤਮਾ ਨੂੰ ਕਿਸ ਤਰੀਕੇ ਨਾਲ ਸਿਮਰਨਾ ਚਾਹੀਦਾ ਹੈ। ਕਿਸ ਵਿਧੀ ਨਾਲ, ਕਿਸ ਸੰਜਮ ਨਾਲ ਉਹ ਮਿਲ ਸਕਦਾ ਹੈ? ੧। ਰਹਾਉ।

ਹੇ ਭਾਈ ! ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲੇ, ਅਪਹੁੰਚ ਹਸਤੀ ਵਾਲੇ ਨਾਸ-ਰਹਿਤ ਕਰਤਾਰ ਨੂੰ ਨਿਮਖ ਨਿਮਖ ਜਪਦੇ ਰਹਿਣਾ ਚਾਹੀਦਾ ਹੈ। ਇਹ ਸੁਣੀਦਾ ਹੈ ਕਿ ਉਹ ਅਚਰਜ ਹੈ ਅਚਰਜ ਹੈ, (ਉਸ ਨਾਲ) ਮਿਲਾਪ ਹੋ ਜਾਂਦਾ ਹੈ ਜੇ ਸੰਤ ਜਨਾਂ ਦੇ ਚਰਨਾਂ ਦਾ ਮੇਲ ਪ੍ਰਾਪਤ ਹੋ ਜਾਏ। (ਸੋ ਸੰਤ ਜਨਾਂ ਦੇ) ਚਰਨਾਂ ਵਿਚ ਮਨ ਜੋੜਨਾ ਚਾਹੀਦਾ ਹੈ। ੧।

ਹੇ ਨਾਨਕ ! (ਆਖ–ਹੇ ਪ੍ਰਭੂ !) ਜੇਹੜਾ ਮਨੁੱਖ ਕਿਸੇ ਹੋਰ ਮਨੁੱਖ ਦੀ (ਕੋਈ) ਸੇਵਾ ਕਰਦਾ ਹੈ ਉਹ ਉਸ ਦੀ ਕੀਤੀ ਹੋਈ ਸੇਵਾ ਨੂੰ ਸਦਾ ਹੀ ਮੁੜ ਮੁੜ ਯਾਦ ਕਰਦਾ ਰਹਿੰਦਾ ਹੈ; ਪਰ ਹੇ ਪ੍ਰਭੂ ! ਤੂੰ ਸੁਖਾਂ ਦਾ ਸਮੁੰਦਰ ਹੈਂ (ਤੂੰ ਅਨੇਕਾਂ ਹੀ ਸੁਖ

ਬਖ਼ਸ਼ਦਾ ਹੈਂ, ਇਸ ਵਾਸਤੇ) ਮੈਂ ਸਦਾ ਤੇਰੀ ਹੀ ਸਰਨ ਤੇਰੀ ਹੀ ਸਰਨ ਪਿਆ ਰਹਾਂਗਾ, ਮੈਨੂੰ ਸਿਰਫ਼ ਤੇਰੇ ਨਾਮ ਦਾ ਹੀ ਸਹਾਰਾ ਹੈ। ੨। ੬। ੯੨।

ਬਿਲਾਵਲੁ ਮਹਲਾ੫॥ਸੰਤ ਸਰਣਿ ਸੰਤ ਟਹਲ ਕਰੀ॥ਧੰਧੁ ਬੰਧੁ ਅਰੁ ਸਗਲ ਜੰਜਾਰੋ ਅਵਰ ਕਾਜ ਤੇ ਛੂਟਿ ਪਰੀ॥੧॥ਰਹਾਉ॥ਸੂਖ ਸਹਜ ਅਰੁ ਘਨੋ ਅਨੰਦਾ ਗੁਰ ਤੇ ਪਾਇਓ ਨਾਮੁ ਹਰੀ॥ਐਸੋ ਹਰਿ ਰਸੁ ਬਰਨਿ ਨ ਸਾਕਉ ਗੁਰਿ ਪੂਰੈ ਮੇਰੀ ਉਲਟਿ ਧਰੀ॥੧॥ ਪੇਖਿਓ ਮੋਹਨੁ ਸਭ ਕੈ ਸੰਗੇ ਊਨ ਨ ਕਾਹੂ ਸਗਲ ਭਰੀ॥ ਪੂਰਨ ਪੂਰਿ ਰਹਿਓ ਕਿਰਪਾਨਿਧਿ ਕਹੁ ਨਾਨਕ ਮੇਰੀ ਪੂਰੀ ਪਰੀ॥੨॥੭॥੯੩॥ [ਪੰਨਾ ੮੨੨]

ਪਦ ਅਰਥ :–ਸੰਤ ਸਰਣਿ–ਗੁਰੂ ਦੀ ਸਰਨ। ਕਰੀ–(ਜਦੋਂ) ਮੈਂ ਕੀਤੀ। ਧੰਧੁ –ਧੰਧਾ, ਖਲਜਗਨ। ਬੰਧੁ–ਬੰਧਨ। ਅਰੁ–ਅਤੇ। ਜੰਜਾਰੋ–ਜੰਜਾਲ। ਕਾਜ ਤੇ–ਕੰਮਾਂ ਤੋਂ। ਛੂਟਿ ਪਰੀ–(ਮੇਰੀ ਬ੍ਰਿਤੀ) ਛੁੱਟ ਗਈ। ੧।

ਸਹਜ–ਆਤਮਕ ਅਡੋਲਤਾ। ਘਨੋ–ਬਹੁਤ। ਤੇ–ਤੋਂ। ਐਸੋ–ਅਜੇਹਾ। ਬਰਨਿ ਨ ਸਾਕਉ–[ਸਾਕਉਂ] ਮੈਂ ਬਿਆਨ ਨਹੀਂ ਕਰ ਸਕਦਾ। ਗੁਰਿ–ਗੁਰੂ ਨੇ। ਗੁਰਿ ਪੂਰੈ–ਪੂਰੇ ਗੁਰੂ ਨੇ। ਮੇਰੀ–ਮੇਰੀ ਬ੍ਰਿਤੀ। ਉਲਟਿ ਧਰੀ–(ਮਾਇਆ ਵਲੋਂ) ਪਰਤਾ ਦਿੱਤਾ।੧।

ਪੇਖਿਓ–ਮੈਂ ਵੇਖ ਲਿਆ। ਮੋਹਨੁ–ਸੋਹਣਾ ਪ੍ਰਭੂ [ਵੇਖੋ ਮੂਲ ਪੰਨਾ ੨੪੯। ਉਥੇ ਭੀ ਪ੍ਰਭੂ ਦਾ ਹੀ ਜ਼ਿਕਰ ਹੈ, ਬਾਬਾ ਮੋਹਨ ਜੀ ਦਾ ਨਹੀਂ]। ਕੈ ਸੰਗੇ–ਦੇ ਨਾਲ। ਊਨ–ਊਣਾ, ਖ਼ਾਲੀ। ਸਗਲ–ਸਾਰੀ ਸ੍ਰਿਸ਼ਟੀ। ਕਿਰਪਾ ਨਿਧਿ–ਕਿਰਪਾ ਦਾ ਖ਼ਜ਼ਾਨਾ ਪ੍ਰਭੂ। ਨਾਨਕ–ਹੇ ਨਾਨਕ! ਪੂਰੀ ਪਰੀ–ਮੇਰੀ ਮੇਹਨਤ ਸਫਲ ਹੋ ਗਈ। ੨।

ਅਰਥ :–ਹੇ ਭਾਈ! ਜਦੋਂ ਮੈਂ ਗੁਰੂ ਦੀ ਸਰਨ ਆ ਪਿਆ, ਜਦੋਂ ਮੈਂ ਗੁਰੂ ਦੀ ਸੇਵਾ ਕਰਨ ਲੱਗ ਪਿਆ, (ਮੇਰੇ ਅੰਦਰੋਂ) ਧੰਧਾ, ਬੰਧਨ ਅਤੇ ਸਾਰਾ ਜੰਜਾਲ (ਮੁੱਕ ਗਿਆ), ਮੇਰੀ ਬ੍ਰਿਤੀ ਹੋਰ ਹੋਰ ਕੰਮਾਂ ਤੋਂ ਅਟੰਕ ਹੋ ਗਈ। ੧। ਰਹਾਉ।

ਹੇ ਭਾਈ! ਗੁਰੂ ਪਾਸੋਂ ਮੈਂ ਪਰਮਾਤਮਾ ਦਾ ਨਾਮ ਪ੍ਰਾਪਤ ਕਰ ਲਿਆ (ਜਿਸ ਦੀ ਬਰਕਤਿ ਨਾਲ) ਆਤਮਕ ਅਡੋਲਤਾ ਦਾ ਸੁਖ ਅਤੇ ਆਨੰਦ (ਮੇਰੇ ਅੰਦਰ ਉਤਪੰਨ ਹੋ ਗਿਆ)। ਹਰਿ-ਨਾਮ ਦਾ ਸੁਆਦ ਮੈਨੂੰ ਅਜੇਹਾ ਆਇਆ ਕਿ ਮੈਂ ਉਹ ਬਿਆਨ ਨਹੀਂ ਕਰ ਸਕਦਾ। ਗੁਰੂ ਨੇ ਮੇਰੀ ਬ੍ਰਿਤੀ ਮਾਇਆ ਵਲੋਂ ਪਰਤਾ ਦਿੱਤੀ। ੧।

ਹੇ ਭਾਈ! (ਗੁਰੂ ਦੀ ਕਿਰਪਾ ਨਾਲ) ਸੋਹਣੇ ਪ੍ਰਭੂ ਨੂੰ ਮੈਂ ਸਭ ਵਿਚ ਵੱਸਦਾ ਵੇਖ ਲਿਆ ਹੈ, ਕੋਈ ਭੀ ਥਾਂ ਉਸ ਪ੍ਰਭੂ ਤੋਂ ਸੱਖਣਾ ਨਹੀਂ ਦਿੱਸਦਾ, ਸਾਰੀ ਹੀ ਸ੍ਰਿਸ਼ਟੀ ਪ੍ਰਭੂ ਦੀ ਜੀਵਨ-ਰੌ ਨਾਲ ਭਰਪੂਰ ਦਿੱਸ ਰਹੀ ਹੈ। ਕਿਰਪਾ ਦਾ ਖ਼ਜ਼ਾਨਾ ਪਰਮਾਤਮਾ ਹਰ ਥਾਂ

ਪੂਰਨ ਤੌਰ ਤੇ ਵਿਆਪਕ ਦਿੱਸ ਰਿਹਾ ਹੈ। ਹੇ ਨਾਨਕ! ਆਖ-(ਹੇ ਭਾਈ! ਗੁਰੂ ਦੀ ਮੇਹਰ ਨਾਲ) ਮੇਰੀ ਮੇਹਨਤ ਸਫਲ ਹੋ ਗਈ ਹੈ। ੨।੭।੯੩।

ਬਿਲਾਵਲੁ ਮਹਲਾ ੫ ॥ ਮਨ ਕਿਆ ਕਹਤਾ ਹਉ ਕਿਆ ਕਹਤਾ॥ ਜਾਨ ਪ੍ਰਬੀਨ ਠਾਕੁਰ ਪ੍ਰਭ ਮੇਰੇ ਤਿਸ ਆਗੈ ਕਿਆ ਕਹਤਾ ॥੧॥ ਰਹਾਉ॥ ਅਨਬੋਲੇ ਕਉ ਤੁਹੀ ਪਛਾਨਹਿ ਜੋ ਜੀਅਨ ਮਹਿ ਹੋਤਾ ॥ ਰੇ ਮਨ ਕਾਇ ਕਹਾ ਲਉ ਡਹਕਹਿ ਜਉ ਪੇਖਤ ਹੀ ਸੰਗਿ ਸੁਨਤਾ ॥੧॥ ਐਸੋ ਜਾਨਿ ਭਏ ਮਨਿ ਆਨਦ ਆਨ ਨ ਬੀਓ ਕਰਤਾ ॥ ਕਹੁ ਨਾਨਕ ਗੁਰ ਭਏ ਦਇਆਰਾ ਹਰਿ ਰੰਗੁ ਨ ਕਬਹੂ ਲਹਤਾ ॥੨॥੮॥੯੪॥ [ਪੰਨਾ ੮੨੩]

ਪਦ ਅਰਥ :-ਮਨ-ਹੇ(ਮੇਰੇ)ਮਨ! ਹਉ-ਜੀਵ। ਜਾਨ-ਜਾਣਨਹਾਰ। ਪ੍ਰਬੀਨ -ਸਿਆਣਾ। ਤਿਸੁ ਆਗੈ-ਉਸ (ਪ੍ਰਭੂ) ਦੇ ਸਾਹਮਣੇ। ੧। ਰਹਾਉ।

ਅਨਬੋਲੇ-ਨਾਂਹ ਬੋਲੇ ਹੋਏ ਬੋਲ ਨੂੰ। ਜੀਅਨ-ਦਿਲਾਂ ਵਿਚ। ਕਾਇ-ਕਿਉਂ? ਕਹਾ ਲਉ-ਕਦ ਤਕ? ਡਹਕਹਿ-ਤੂੰ ਠੱਗੀ ਕਰੇਂਗਾ। ਜਉ-ਜਦੋਂ। ਸੰਗਿ-ਨਾਲ। ੧।

ਜਾਨਿ-ਜਾਣ ਕੇ। ਮਨਿ-ਮਨ ਵਿਚ। ਆਨ-[अन्य] ਕੋਈ ਹੋਰ। ਬੀਓ-ਦੂਜਾ। ਦਇਆਰਾ-ਦਇਆਵਾਨ। ੨।

ਅਰਥ :-ਹੇ ਮਨ! ਤੂੰ ਕੀਹ ਕਹਿ ਰਿਹਾ ਹੈਂ? ਹੇ ਜੀਵ! ਤੂੰ ਕੀਹ ਆਖਦਾ ਹੈਂ? ਮੇਰੇ ਠਾਕੁਰ ਪ੍ਰਭੂ ਜੀ ਤਾਂ ਸਭ ਜੀਵਾਂ ਦੇ ਦਿਲਾਂ ਦੀ ਜਾਣਨ ਤੇ ਸਮਝਣ ਵਾਲੇ ਹਨ। ਹੇ ਜੀਵ! ਉਸ ਅੱਗੇ ਕੋਈ (ਠੱਗੀ-ਫਰੇਬ ਦੀ) ਗੱਲ ਨਹੀਂ ਆਖੀ ਜਾ ਸਕਦੀ। ੧। ਰਹਾਉ।

ਹੇ ਪ੍ਰਭੂ! ਜੋ ਅਸਾਂ ਜੀਵਾਂ ਦੇ ਦਿਲਾਂ ਵਿਚ ਹੁੰਦਾ ਹੈ, ਉਸ ਨੂੰ ਦੱਸਣ ਤੋਂ ਬਿਨਾ ਤੂੰ ਆਪ ਹੀ (ਪਹਿਲਾਂ ਹੀ) ਪਛਾਣ ਲੈਂਦਾ ਹੈਂ। ਹੇ ਮਨ! ਤੂੰ ਕਿਉਂ ਠੱਗੀ ਕਰਦਾ ਹੈਂ? ਕਦ ਤਕ ਠੱਗੀ ਕਰੀ ਜਾਵੇਂਗਾ? ਪਰਮਾਤਮਾ ਤਾਂ ਤੇਰੇ ਨਾਲ (ਵੱਸਦਾ ਹੋਇਆ ਤੇਰੇ ਕਰਮ) ਵੇਖ ਰਿਹਾ ਹੈ, ਤੇ, ਸੁਣ ਭੀ ਰਿਹਾ ਹੈ। ੧।

ਹੇ ਭਾਈ! ਇਹ ਜਾਣ ਕੇ ਕਿ, ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ ਕੁਝ ਭੀ ਕਰਨ ਜੋਗਾ ਨਹੀਂ, (ਜਾਣਨ ਵਾਲੇ ਦੇ) ਮਨ ਵਿਚ ਹੁਲਾਰਾ ਪੈਦਾ ਹੋ ਜਾਂਦਾ ਹੈ। ਹੇ ਨਾਨਕ! ਆਖ-ਜਿਸ ਮਨੁੱਖ ਉਤੇ ਗੁਰੂ ਮਿਹਰਬਾਨ ਹੁੰਦਾ ਹੈ, (ਉਸ ਦੇ ਦਿਲ ਵਿਚੋਂ) ਪਰਮਾਤਮਾ ਦਾ ਪ੍ਰੇਮ-ਰੰਗ ਕਦੇ ਨਹੀਂ ਉਤਰਦਾ। ੨। ੮। ੯੪।

ਬਿਲਾਵਲੁ ਮਹਲਾ ੫॥ ਨਿੰਦਕੁ ਐਸੇ ਹੀ ਝਰਿ ਪਰੀਐ ॥ ਇਹ

ਨੀਸਾਨੀ ਸੁਨਹੁ ਤੁਮ ਭਾਈ ਜਿਉ ਕਾਲਰ ਭੀਤਿ ਗਿਰੀਐ ॥੧॥ ਰਹਾਉ ॥ ਜਉ ਦੇਖੈ ਛਿਦ੍ਰੁ ਤਉ ਨਿੰਦਕੁ ਉਮਾਹੈ ਭਲੋ ਦੇਖਿ ਦੁਖ ਭਰੀਐ ॥ ਆਠ ਪਹਰ ਚਿਤਵੈ ਨਹੀ ਪਹੁਚੈ ਬੁਰਾ ਚਿਤਵਤ ਚਿਤਵਤ ਮਰੀਐ ।।੧।। ਨਿੰਦਕੁ ਪ੍ਰਭੂ ਭੁਲਾਇਆ ਕਾਲੁ ਨੇਰੈ ਆਇਆ ਹਰਿਜਨ ਸਿਉ ਬਾਦੁ ਉਠਰੀਐ ॥ ਨਾਨਕ ਕਾ ਰਾਖਾ ਆਪਿ ਪ੍ਰਭੁ ਸੁਆਮੀ ਕਿਆ ਮਾਨਸ ਬਪੁਰੇ ਕਰੀਐ ॥ ੨ ।। ੯ ।। ੯੫ ।। [ਪੰਨਾ ੮੨੩]

ਪਦ ਅਰਥ :—ਝਰਿ—ਝੜ ਕੇ, ਕਿਰ ਕੇ, ਡਿੱਗ ਕੇ । ਪਰੀਐ—ਹੇਠਾਂ ਡਿੱਗ ਪੈਂਦਾ ਹੈ, ਆਤਮਕ ਮੌਤ ਦੇ ਟੋਏ ਵਿਚ ਜਾ ਪੈਂਦਾ ਹੈ । ਭਾਈ—ਹੇ ਭਾਈ ! ਨੀਸਾਨੀ—ਲੱਛਣ । ਕਾਲਰ ਭੀਤਿ—ਕੱਲਰ ਦੀ ਕੰਧ । ੧ ।

ਜਉ—ਜਦੋਂ । ਛਿਦ੍ਰੁ—(ਕਿਸੇ ਦਾ) ਨੁਕਸ । ਤਉ—ਤਦੋਂ । ਉਮਾਹੈ—ਖ਼ੁਸ਼ ਹੁੰਦਾ ਹੈ । ਭਲੋ—(ਕਿਸੇ ਦੀ) ਭਲਾਈ । ਚਿਤਵੈ—(ਕਿਸੇ ਦਾ ਨੁਕਸਾਨ ਕਰਨ ਦੀ) ਸੋਚ ਸੋਚਦਾ ਰਹਿੰਦਾ ਹੈ । ਨਹੀ ਪਹੁਚੈ—(ਬੁਰਾਈ ਕਰਨ ਤਕ) ਅੱਪੜ ਨਹੀਂ ਸਕਦਾ । ਮਰੀਐ—ਆਤਮਕ ਮੌਤੇ ਮਰ ਜਾਂਦਾ ਹੈ । ੧ ।

ਕਾਲੁ—ਮੌਤ,ਆਤਮਕ ਮੌਤ । ਸਿਉ—ਨਾਲ । ਬਾਦੁ—ਝਗੜਾ । ਬਪੁਰੇ—ਵਿਚਾਰੇ।੨।

ਅਰਥ :—ਹੇ ਭਾਈ ! ਸੁਣ, ਜਿਵੇਂ ਕੱਲਰ ਦੀ ਕੰਧ (ਕਿਰ ਕਿਰ ਕੇ) ਡਿੱਗ ਪੈਂਦੀ ਹੈ, ਇਹੀ ਨਿਸ਼ਾਨੀ ਨਿੰਦਕ ਦੇ ਜੀਵਨ ਦੀ ਹੈ । ਨਿੰਦਕ ਭੀ ਇਸੇ ਤਰ੍ਹਾਂ ਆਤਮਕ ਉੱਚਤਾ ਤੋਂ ਡਿੱਗ ਪੈਂਦਾ ਹੈ (ਨਿੰਦਾ ਉਸ ਦੇ ਆਤਮਕ ਜੀਵਨ ਨੂੰ, ਮਾਨੋ, ਕੱਲਰ ਲੱਗਾ ਹੋਇਆ ਹੈ) । ੧ । ਰਹਾਉ ।

ਹੇ ਭਾਈ ! ਜਦੋਂ (ਕੋਈ) ਨਿੰਦਕ (ਕਿਸੇ ਮਨੁੱਖ ਦਾ ਕੋਈ) ਨੁਕਸ ਵੇਖਦਾ ਹੈ ਤਦੋਂ ਖ਼ੁਸ਼ ਹੁੰਦਾ ਹੈ, ਪਰ ਕਿਸੇ ਦਾ ਗੁਣ ਵੇਖ ਕੇ ਨਿੰਦਕ ਦੁੱਖੀ ਹੁੰਦਾ ਹੈ । ਅੱਠੇ ਪਹਰ (ਹਰ ਵੇਲੇ) ਨਿੰਦਕ ਕਿਸੇ ਨਾਲ ਬੁਰਾਈ ਕਰਨ ਦੀਆਂ ਸੋਚਾਂ ਸੋਚਦਾ ਰਹਿੰਦਾ ਹੈ, ਬੁਰਾਈ ਕਰ ਸਕਣ ਤਕ ਅੱਪੜ ਤਾਂ ਸਕਦਾ ਨਹੀਂ, ਬੁਰਾਈ ਦੀ ਵਿਉਂਤ ਸੋਚਦਿਆਂ ਸੋਚਦਿਆਂ ਹੀ ਆਤਮਕ ਮੌਤੇ ਮਰ ਜਾਂਦਾ ਹੈ । ੨ ।

ਹੇ ਭਾਈ ! ਨਿੰਦਕ ਨੂੰ ਜਿਉਂ ਜਿਉਂ ਪ੍ਰਭੂ (ਨਿੰਦਾ ਵਾਲੇ) ਕੁਰਾਹੇ ਪਾਂਦਾ ਹੈ,ਤਿਉਂ ਤਿਉਂ ਨਿੰਦਕ ਦੀ ਮੁਕੰਮਲ ਆਤਮਕ ਮੌਤ ਨੇੜੇ ਆਉਂਦੀ ਜਾਂਦੀ ਹੈ, ਉਹ ਨਿੰਦਕ ਸੰਤ ਜਨਾਂ ਨਾਲ ਵੈਰ ਚੁੱਕੀ ਰੱਖਦਾ ਹੈ। ਪਰ ਹੇ ਨਾਨਕ!ਸੰਤ ਜਨਾਂ ਦਾ ਰਖਵਾਲਾ ਮਾਲਕ-ਪ੍ਰਭੂ ਆਪ ਹੀ ਹੈ । ਵਿਚਾਰੇ ਜੀਵ ਉਹਨਾਂ ਦਾ ਕੁਝ ਨਹੀਂ ਵਿਗਾੜ ਸਕਦੇ ।੨।੯।੯੫।

ਬਿਲਾਵਲੁ ਮਹਲਾ ੫ ।। ਐਸੇ ਕਾਹੇ ਭੂਲਿ ਪਰੇ ।। ਕਰਹਿ ਕਰਾਵਹਿ

ਮੂਕਰਿ ਪਾਵਹਿ ਪੇਖਤ ਸੁਨਤ ਸਦਾ ਸੰਗਿ ਹਰੇ ॥ ੧ ॥ ਰਹਾਉ ॥ ਕਾਚ ਬਿਹਾਝਨ, ਕੰਚਨ ਛਾਡਨ, ਬੈਰੀ ਸੰਗਿ ਹੇਤੁ ਸਾਜਨ ਤਿਆਗਿ ਖਰੇ ॥ ਹੋਵਨੁ ਕਉਰਾ, ਅਨਹੋਵਨੁ ਮੀਠਾ, ਬਿਖਿਆ ਮਹਿ ਲਪਟਾਇ ਜਰੇ ॥ ੧ ॥ ਅੰਧ ਕੂਪ ਮਹਿ ਪਰਿਓ ਪਰਾਨੀ ਭਰਮ ਗੁਬਾਰ ਮੋਹ ਬੰਧਿ ਪਰੇ ॥ ਕਹੁ ਨਾਨਕ ਪ੍ਰਭ ਹੋਤ ਦਇਆਰਾ ਗੁਰੁ ਭੇਟੈ ਕਾਢੈ ਬਾਹ ਫਰੇ ॥ ੨ ॥ ੧੦ ॥ ੯੬ ॥ [ਪੰਨਾ ੮੨੩]

ਪਦ ਅਰਥ :–ਐਸੇ–ਇਸ ਤਰ੍ਹਾਂ । ਕਾਹੇ–ਕਿਉਂ ? ਭੂਲਿ ਪਰੇ–(ਜੀਵ) ਭੁੱਲੇ ਪਏ ਹਨ, ਕੁਰਾਹੇ ਪਏ ਹੋਏ ਹਨ । ਕਰਹਿ ਕਰਾਵਹਿ–(ਜੀਵ ਸਭ ਕੁਝ) ਕਰਦੇ ਕਰਾਂਦੇ ਹਨ । ਪੇਖਤ–ਵੇਖਦਾ । ਸੰਗਿ–ਨਾਲ । ੧ । ਰਹਾਉ ।

ਕਾਚ–ਕੱਚ । ਬਿਹਾਝਨ–ਖਰੀਦਣਾ, ਵਪਾਰ ਕਰਨਾ । ਕੰਚਨ–ਸੋਨਾ । ਹੇਤੁ–ਪਿਆਰ । ਖਰੇ ਸਾਜਨ–ਸੱਚੇ ਮਿੱਤਰ । ਹੋਵਨੁ–ਜੋ ਸਦਾ ਕਾਇਮ ਹੈ, ਪਰਮਾਤਮਾ । ਕਉਰਾ–ਕੌੜਾ । ਅਨਹੋਵਨੁ–ਜੋ ਸਦਾ ਰਹਿਣ ਵਾਲਾ ਨਹੀਂ, ਜਗਤ । ਬਿਖਿਆ–ਮਾਇਆ । ਜਰੇ–ਸੜਦੇ ਹਨ, ਖਿੱਝਦੇ ਹਨ । ੧ ।

ਅੰਧ ਕੂਪ ਮਹਿ–ਅੰਨ੍ਹੇ ਖੂਹ ਵਿਚ । ਭਰਮੁ–ਭਟਕਣ । ਗੁਬਾਰ–ਹਨੇਰਾ । ਬੰਧਿ–ਬੰਧਨ ਵਿਚ । ਦਇਆਰਾ–ਦਇਆਲ । ਭੇਟੈ–ਮਿਲਦਾ ਹੈ । ਫਰੇ–ਫਰਿ, ਫੜ ਕੇ । ੨ ।

ਅਰਥ :–(ਹੇ ਭਾਈ ! ਪਤਾ ਨਹੀਂ ਜੀਵ)ਕਿਉਂ ਇਸ ਤਰ੍ਹਾਂ ਕੁਰਾਹੇ ਪਏ ਰਹਿੰਦੇ ਹਨ । (ਜੀਵ ਸਾਰੇ ਮੰਦੇ ਕਰਮ) ਕਰਦੇ ਕਰਾਂਦੇ ਭੀ ਹਨ, (ਫਿਰ) ਮੁੱਕਰ ਭੀ ਜਾਂਦੇ ਹਨ (ਕਿ ਅਸਾਂ ਨਹੀਂ ਕੀਤੇ) । ਪਰ ਪਰਮਾਤਮਾ ਸਦਾ ਸਭ ਜੀਵਾਂ ਦੇ ਨਾਲ ਵੱਸਦਾ (ਸਭਨਾਂ ਦੀਆਂ ਕਰਤੂਤਾਂ) ਵੇਖਦਾ ਸੁਣਦਾ ਹੈ । ੧ । ਰਹਾਉ ।

ਹੇ ਭਾਈ ! ਕੱਚ ਦਾ ਵਪਾਰ ਕਰਨਾ, ਸੋਨਾ ਛੱਡ ਦੇਣਾ, ਸੱਚੇ ਮਿੱਤਰ ਤਿਆਗ ਕੇ ਵੈਰੀ ਨਾਲ ਪਿਆਰ–(ਇਹ ਹਨ ਜੀਵਾਂ ਦੀਆਂ ਕਰਤੂਤਾਂ) । ਪਰਮਾਤਮਾ (ਦਾ ਨਾਮ) ਕੌੜਾ ਲੱਗਣਾ, ਮਾਇਆ ਦਾ ਮੋਹ ਮਿੱਠਾ ਲੱਗਣਾ (–ਇਹ ਹੈ ਨਿੱਤ ਦਾ ਸੁਭਾਉ ਜੀਵਾਂ ਦਾ । ਮਾਇਆ ਦੇ ਮੋਹ ਵਿਚ ਫਸ ਕੇ ਸਦਾ ਖਿੱਝਦੇ ਰਹਿੰਦੇ ਹਨ) ।੧।

ਹੇ ਭਾਈ ! ਜੀਵ (ਸਦਾ) ਮੋਹ ਦੇ ਅੰਨ੍ਹੇ (ਹਨੇਰੇ) ਖੂਹ ਵਿਚ ਪਏ ਰਹਿੰਦੇ ਹਨ, (ਜੀਵਾਂ ਨੂੰ ਸਦਾ) ਭਟਕਣਾ ਲੱਗੀ ਰਹਿੰਦੀ ਹੈ, ਮੋਹ ਦੇ ਹਨੇਰੇ ਜਕੜ ਵਿਚ ਫਸੇ ਰਹਿੰਦੇ ਹਨ(ਪਤਾ ਨਹੀਂ ਇਹ ਕਿਉਂ ਇਸ ਤਰ੍ਹਾਂ ਕੁਰਾਹੇ ਪਏ ਰਹਿੰਦੇ ਹਨ)। ਹੇ ਨਾਨਕ!ਆਖ–ਜਿਸ ਮਨੁੱਖ ਉੱਤੇ ਪ੍ਰਭੂ ਦਇਆਵਾਨ ਹੁੰਦਾ ਹੈ, ਉਸ ਨੂੰ ਗੁਰੂ ਮਿਲ ਪੈਂਦਾ ਹੈ (ਤੇ, ਗੁਰੂ ਉਸ ਦੀ) ਬਾਂਹ ਫੜ ਕੇ (ਉਸ ਨੂੰ ਹਨੇਰੇ ਖੂਹ ਵਿਚੋਂ) ਕੱਢ ਲੈਂਦਾ ਹੈ । ੨ । ੧੦

। ੯੬ ।

ਬਿਲਾਵਲੁ ਮਹਲਾ ੫॥ ਮਨ ਤਨ ਰਸਨਾ ਹਰਿ ਚੀਨ੍ਾ ॥ ਭਏ ਅਨੰਦਾ ਮਿਟੇ ਅੰਦੇਸੇ ਸਰਬ ਸੂਖ ਮੋ ਕਉ ਗੁਰਿ ਦੀਨ੍ਾ ॥੧॥ ਰਹਾਉ ॥ ਇਆਨਪ ਤੇ ਸਭ ਭਈ ਸਿਆਨਪ ਪ੍ਰਭੁ ਮੇਰਾ ਦਾਨਾ ਬੀਨਾ॥ਹਾਥ ਦੇਇ ਰਾਖੈ ਅਪਨੇ ਕਉ ਕਾਹੂ ਨ ਕਰਤੇ ਕਛੁ ਖੀਨਾ॥੧॥ਬਲਿ ਜਾਵਉ ਦਰਸਨ ਸਾਧੂ ਕੈ ਜਿਹ ਪ੍ਰਸਾਦਿ ਹਰਿਨਾਮੁ ਲੀਨਾ ॥ ਕਹੁ ਨਾਨਕ ਠਾਕੁਰ ਭਾਰੋਸੈ ਕਹੂ ਨ ਮਾਨਿਓ ਮਨਿ ਛੀਨਾ ॥੨॥੧੧॥੯੭॥ [ਪੰਨਾ ੮੨੩]

ਪਦ ਅਰਥ :–ਹਰਿ ਚੀਨ੍ਾ–ਪ੍ਰਭੂ ਨਾਲ ਸਾਂਝ ਪਾਈ [ਅੱਖਰ'ਨ'ਦੇ ਨਾਲ ਅੱਧਾ 'ਹ' ਹੈ]। ਰਸਨਾ–ਜੀਭ। ਮੋ ਕਉ–ਮੈਨੂੰ। ਗੁਰਿ–ਗੁਰੂ ਨੇ। ੧। ਰਹਾਉ।

ਇਆਨਪ–ਬੇ-ਸਮਝੀ। ਤੇ–ਤੋਂ। ਦਾਨਾ–ਜਾਣਨ ਵਾਲਾ। ਬੀਨਾ–ਵੇਖਣ ਵਾਲਾ। ਦੇਇ–ਦੇ ਕੇ। ਕਉ–ਨੂੰ। ਖੀਨਾ–ਨੁਕਸਾਨ। ੧।

ਜਾਵਉ–ਜਾਵਉਂ। ਬਲਿ ਜਾਵਉ–ਮੈਂ ਸਦਕੇ ਜਾਂਦਾ ਹਾਂ। ਸਾਧੂ–ਗੁਰੂ। ਜਿਹ ਪ੍ਰਸਾਦਿ–ਜਿਸ (ਗੁਰੂ) ਦੀ ਕਿਰਪਾ ਨਾਲ।ਮਨਿ–ਮਨ ਵਿਚ। ਛੀਨਾ–ਇਕ ਛਿਨ ਭਰ ਭੀ। ਕਹੂ–ਕਿਸੇ ਹੋਰ ਨੂੰ।

ਅਰਥ :–(ਹੇ ਭਾਈ ! ਮੇਰੇ) ਗੁਰੂ ਨੇ ਮੈਨੂੰ ਸਾਰੇ(ਹੀ) ਸੁਖ ਦੇ ਦਿੱਤੇ ਹਨ, ਮੇਰੇ ਫ਼ਿਕਰ-ਅੰਦੇਸ਼ੇ ਮਿਟ ਗਏ ਹਨ, ਮੇਰੇ ਅੰਦਰ ਆਨੰਦ ਹੀ ਆਨੰਦ ਬਣ ਗਿਆ ਹੈ (ਕਿਉਂਕਿ ਗੁਰੂ ਦੀ ਕਿਰਪਾ ਨਾਲ)ਮੇਰੇ ਮਨ ਮੇਰੇ ਤਨ ਮੇਰੀ ਜੀਭ ਨੇ ਪਰਮਾਤਮਾ ਨਾਲ ਸਾਂਝ ਪਾ ਲਈ ਹੈ। ੧। ਰਹਾਉ।

ਹੇ ਭਾਈ !ਬੇ-ਸਮਝੀ ਦੇ ਥਾਂ ਹੁਣ ਮੇਰੇ ਅੰਦਰ ਅਕਲਮੰਦੀ ਹੀ ਪੈਦਾ ਹੋ ਗਈ ਹੈ (ਕਿਉਂਕਿ ਗੁਰੂ ਦੀ ਕਿਰਪਾ ਨਾਲ ਮੈਨੂੰ ਯਕੀਨ ਬਣ ਗਿਆ ਹੈ ਕਿ) ਪਰਮਾਤਮਾ(ਸਭ ਦੇ ਦਿਲਾਂ ਦੀ) ਜਾਣਨ ਵਾਲਾ ਹੈ (ਸਭ ਦੇ ਕੀਤੇ ਕੰਮ) ਵੇਖਣ ਵਾਲਾ ਹੈ।(ਮੈਨੂੰ ਨਿਸ਼ਚਾ ਆ ਗਿਆ ਹੈ ਕਿ) ਪਰਮਾਤਮਾ ਆਪਣੇ ਸੇਵਕ ਨੂੰ ਆਪ ਹੱਥ ਦੇ ਕੇ ਬਚਾ ਲੈਂਦਾ ਹੈ, ਕੋਈ ਭੀ ਮਨੁੱਖ (ਸੇਵਕ ਦਾ) ਕੁਝ ਨਹੀਂ ਵਿਗਾੜ ਸਕਦਾ। ੧।

ਹੇ ਭਾਈ ! ਮੈਂ ਗੁਰੂ ਦੇ ਦਰਸ਼ਨ ਤੋਂ ਸਦਕੇ ਜਾਂਦਾ ਹਾਂ, ਕਿਉਂਕਿ ਉਸ ਗੁਰੂ ਦੀ ਕਿਰਪਾ ਨਾਲ (ਹੀ) ਮੈਂ ਪਰਮਾਤਮਾ ਦਾ ਨਾਮ ਜਪ ਸਕਿਆ ਹਾਂ। ਹੇ ਨਾਨਕ !ਆਖ–(ਹੁਣ) ਪਰਮਾਤਮਾ ਦੇ ਭਰੋਸੇ ਤੇ ਕਿਸੇ ਹੋਰ (ਆਸਰੇ) ਨੂੰ ਇਕ ਛਿਨ ਵਾਸਤੇ ਭੀ ਮੈਂ ਆਪਣੇ ਮਨ ਵਿਚ ਨਹੀਂ ਮੰਨਦਾ। ੨। ੧੧। ੯੭।

ਬਿਲਾਵਲੁ ਮਹਲਾ ੫ ॥ ਗੁਰਿ ਪੂਰੈ ਮੇਰੀ ਰਾਖਿ ਲਈ ॥ ਅੰਮ੍ਰਿਤ

ਨਾਮੁ ਰਿਦੇ ਮਹਿ ਦੀਨੋ ਜਨਮ ਜਨਮ ਕੀ ਮੈਲੁ ਗਈ ॥ ੧ ॥ ਰਹਾਉ ॥ ਨਿਵਰੇ ਦੂਤ ਦੁਸਟ ਬੈਰਾਗੀ ਗੁਰ ਪੂਰੇ ਕਾ ਜਪਿਆ ਜਾਪੁ॥ਕਹਾ ਕਰੈ ਕੋਈ ਬੇਚਾਰਾ ਪ੍ਰਭ ਮੇਰੇ ਕਾ ਬਡ ਪਰਤਾਪੁ ॥੧॥ਸਿਮਰਿ ਸਿਮਰਿ ਸਿਮਰਿ ਸੁਖੁ ਪਾਇਆ ਚਰਨ ਕਮਲ ਰਖੁ ਮਨ ਮਾਹੀ ॥ ਤਾ ਕੀ ਸਰਨਿ ਪਰਿਓ ਨਾਨਕ ਦਾਸੁ ਜਾ ਤੇ ਊਪਰਿ ਕੋ ਨਾਹੀ ॥੨॥੧੨॥੯੮॥ [ਪੰਨਾ ੮੨੩]

ਪਦ ਅਰਥ:–ਗੁਰਿ–ਗੁਰੂ ਨੇ । ਅੰਮ੍ਰਿਤ–ਆਤਮਕ ਜੀਵਨ ਦੇਣ ਵਾਲਾ । ਰਿਦੇ ਮਹਿ–ਹਿਰਦੇ ਵਿਚ । ੧ । ਰਹਾਉ ।

ਨਿਵਰੇ–ਦੂਰ ਹੋ ਗਏ ਹਨ।ਦੂਤ–(ਕਾਮਾਦਿਕ)ਦੁਸ਼ਮਨ । ਬੈਰਾਈ–ਵੈਰੀ । ਕਹਾ ਕਰੈ–ਕੀਹ ਕਰ ਸਕਦਾ ਹੈ ? ਕੁਝ ਵਿਗਾੜ ਨਹੀਂ ਕਰ ਸਕਦਾ । ਪਰਤਾਪੁ–ਤਾਕਤ ।੧।

ਰਖੁ–ਟੇਕ, ਆਸਰਾ । ਮਾਹੀ–ਮਾਹਿ, ਵਿਚ । ਤਾ ਕੀ–ਉਸ (ਪ੍ਰਭੂ) ਦੀ । ਜਾ ਤੇ ਊਪਰਿ–ਜਿਸ ਤੋਂ ਵਡਾ । ੨ ।

ਅਰਥ :–(ਹੇ ਭਾਈ ! ਵਿਕਾਰਾਂ ਦੇ ਟਾਕਰੇ ਤੇ) ਪੂਰੇ ਗੁਰੂ ਨੇ ਮੇਰੀ ਇੱਜ਼ਤ ਰੱਖ ਲਈ ਹੈ । ਗੁਰੂ ਨੇ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਮੇਰੇ ਹਿਰਦੇ ਵਿਚ ਵਸਾ ਦਿੱਤਾ ਹੈ, (ਉਸ ਨਾਮ ਦੀ ਬਰਕਤਿ ਨਾਲ) ਅਨੇਕਾਂ ਜਨਮਾਂ ਦੇ ਕੀਤੇ ਕਰਮਾਂ ਦੀ ਮੈਲ ਮੇਰੇ ਮਨ ਵਿਚੋਂ ਦੂਰ ਹੋ ਗਈ ਹੈ । ੧ । ਰਹਾਉ ।

ਹੇ ਭਾਈ ! ਪੂਰੇ ਗੁਰੂ ਦਾ ਦੱਸਿਆ ਹੋਇਆ ਹਰਿ-ਨਾਮ ਦਾ ਜਾਪ ਜਦੋਂ ਤੋਂ ਮੈਂ ਜਪਣਾ ਸ਼ੁਰੂ ਕੀਤਾ ਹੈ, (ਕਾਮਾਦਿਕ)ਸਾਰੇ ਵੈਰੀ ਦੁਰਜਨ ਨੱਸ ਗਏ ਹਨ । ਮੇਰੇ ਪ੍ਰਭੂ ਦੀ ਬੜੀ ਤਾਕਤ ਹੈ, ਹੁਣ (ਇਹਨਾਂ ਵਿਚੋਂ) ਕੋਈ ਭੀ ਮੇਰਾ ਕੁਝ ਵਿਗਾੜ ਨਹੀਂ ਸਕਦਾ।੧।

(ਹੇ ਭਾਈ ! ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਸੋਹਣੇ ਚਰਨ) ਮੇਰੇ ਮਨ ਵਿਚ ਆਸਰਾ ਬਣ ਗਏ ਹਨ, ਉਸ ਦਾ ਨਾਮ(ਹਰ ਵੇਲੇ)ਸਿਮਰਿ ਸਿਮਰਿ ਕੇ ਮੈਂ ਆਤ-ਮਕ ਆਨੰਦ ਪ੍ਰਾਪਤ ਕੀਤਾ ਹੈ । ਹੇ ਭਾਈ ! (ਪ੍ਰਭੂ ਦਾ) ਦਾਸ ਨਾਨਕ ਉਸ (ਪ੍ਰਭੂ) ਦੀ ਸਰਨ ਪੈ ਗਿਆ ਹੈ ਜਿਸ ਤੋਂ ਵਡਾ ਹੋਰ ਕੋਈ ਨਹੀ ।੨।੧੨।੯੮।

ਬਿਲਾਵਲੁ ਮਹਲਾ ੫॥ਸਦਾ ਸਦਾ ਜਪੀਐ ਪ੍ਰਭ ਨਾਮ॥ਜਰਾ ਮਰਾ ਕਛੁ ਦੂਖੁ ਨ ਬਿਆਪੈ ਆਗੈ ਦਰਗਹ ਪੂਰਨ ਕਾਮ ॥੧॥ ਰਹਾਉ ॥ ਆਪੁ ਤਿਆਗਿ ਪਰੀਐ ਨਿਤ ਸਰਨੀ ਗੁਰ ਤੇ ਪਾਈਐ ਏਹੁ ਨਿਧਾਨੁ ॥ ਜਨਮ ਮਰਣ ਕੀ ਕਟੀਐ ਫਾਸੀ ਸਾਚੀ ਦਰਗਹ ਕਾ ਨੀਸਾਨੁ॥੧॥ਜੋ ਤੁਮ੍ ਕਰਹੁ ਸੋਈ ਭਲ ਮਾਨਉ ਮਨ ਤੇ ਛੂਟੈ ਸਗਲ ਗੁਮਾਨੁ ॥ ਕਹੁ ਨਾਨਕ ਤਾ ਕੀ ਸਰਣਾਈ ਜਾ ਕਾ ਕੀਆ ਸਗਲ ਜਹਾਨੁ ॥੨॥੧੩॥੯੯ [ਪੰਨਾ ੮੨੪]

ਪਦ ਅਰਥ :–ਜਪੀਐ–ਜਪਣਾ ਚਾਹੀਦਾ ਹੈ ।ਜਰਾ–ਬੁਢੇਪਾ । ਮਰਾ–ਮੌਤ । ਨ ਬਿਆਪੈ–ਜ਼ੋਰ ਨਹੀਂ ਪਾ ਸਕਦਾ । ਆਗੈ–ਅਗਾਂਹ, ਪਰਲੋਕ ਵਿਚ । ੧ । ਰਹਾਉ ।

ਆਪੁ–ਆਪਾ-ਭਾਵ ।ਪਰੀਐ–ਪੈਣਾ ਚਾਹੀਦਾ ਹੈ । ਤੇ–ਤੋਂ । ਨਿਧਾਨੁ–ਖ਼ਜ਼ਾਨਾ। ਕਟੀਐ--ਕੱਟ ਸਕੀਦੀ ਹੈ । ਨੀਸਾਨੁ–ਰਾਹਦਾਰੀ, ਪਰਵਾਨਾ । ੧ ।

ਮਾਨਉ–ਮਾਨਉਂ, ਮੰਨਦਾ ਹਾਂ । ਮਨ ਤੇ–ਮਨ ਤੋਂ । ਛੂਟੈ–ਮੁੱਕ ਜਾਂਦਾ ਹੈ । ਗੁਮਾਨੁ–ਅਹੰਕਾਰ । ਤਾ ਕੀ–ਉਸ (ਪ੍ਰਭੂ) ਦੀ । ਸਗਲ–ਸਾਰਾ । ੨ ।

ਅਰਥ :–ਹੇ ਭਾਈ ! ਸਦਾ ਹੀ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, (ਨਾਮ ਜਪਣ ਦੀ ਬਰਕਤਿ ਨਾਲ ਅਜੇਹੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ, ਜਿਸ ਨੂੰ) ਬੁਢੇਪਾ, ਮੌਤ ਜਾਂ ਦੁੱਖ ਕੁੱਝ ਭੀ ਪੋਹ ਨਹੀਂ ਸਕਦਾ । ਅਗਾਂਹ ਪਰਮਾਤਮਾ ਦੀ ਹਜ਼ੂਰੀ ਵਿਚ ਭੀ ਸਫਲਤਾ ਮਿਲਦੀ ਹੈ । ੧ । ਰਹਾਉ ।

(ਪਰ, ਹੇ ਭਾਈ !) ਇਹ (ਨਾਮ-) ਖ਼ਜ਼ਾਨਾ ਗੁਰੂ ਤੋਂ (ਹੀ) ਮਿਲਦਾ ਹੈ, ਆਪਾ-ਭਾਵ ਤਿਆਗ ਕੇ ਸਦਾ (ਗੁਰੂ ਦੀ) ਸਰਨ ਪੈਣਾ ਚਾਹੀਦਾ ਹੈ । ਇਹ ਨਾਮ ਸਦਾ-ਥਿਰ ਪ੍ਰਭੂ ਦੀ ਹਜ਼ੂਰੀ ਵਿਚ ਪਹੁੰਚਣ ਵਾਸਤੇ ਪਰਵਾਨਾ ਹੈ, (ਨਾਮ ਦੀ ਸਹਾਇਤਾ ਨਾਲ) ਜਨਮ ਮਰਨ ਦੀ ਫਾਹੀ (ਭੀ) ਕੱਟੀ ਜਾਂਦੀ ਹੈ । ੧ ।

(ਹੇ ਭਾਈ ! ਜੋ ਮੈਨੂੰ ਤੇਰਾ ਨਾਮ ਮਿਲ ਜਾਏ, ਤਾਂ) ਜੋ ਕੁਝ ਤੂੰ ਕਰਦਾ ਹੈਂ, ਉਹ ਮੈਂ ਭਲਾ ਸਮਝਣ ਲੱਗ ਪਵਾਂਗਾ, (ਤੇਰੇ ਨਾਮ ਦੀ ਬਰਕਤਿ ਨਾਲ) ਮਨ ਤੋਂ ਸਾਰਾ ਅਹੰਕਾਰ ਮੁੱਕ ਜਾਂਦਾ ਹੈ । ਹੇ ਨਾਨਕ ! ਆਖ (–ਹੇ ਭਾਈ !) ਉਸ ਪਰਮਾਤਮਾ ਦੀ ਸਰਨ ਪਏ ਰਹਿਣਾ ਚਾਹੀਦਾ ਹੈ, ਸਾਰਾ ਜਹਾਨ ਜਿਸ ਦਾ ਪੈਦਾ ਕੀਤਾ ਹੋਇਆ ਹੈ । ੨ । ੧੩ । ੯੯ ।

ਬਿਲਾਵਲੁ ਮਹਲਾ ੫ ॥ ਮਨ ਤਨ ਅੰਤਰਿ ਪ੍ਰਭੁ ਆਹੀ ॥ ਹਰਿ ਗੁਨ ਗਾਵਤ ਪਰਉਪਕਾਰ ਨਿਤ, ਤਿਸੁ ਰਸਨਾ ਕਾ ਮੋਲੁ ਕਿਛੁ ਨਾਹੀ ॥ ੧ ॥ ਰਹਾਉ ॥ ਕੁਲ ਸਮੂਹ ਉਧਰੇ ਖਿਨ ਭੀਤਰਿ ਜਨਮ ਜਨਮ ਕੀ ਮਲੁ ਲਾਹੀ ॥ ਸਿਮਰਿ ਸਿਮਰਿ ਸੁਆਮੀ ਪ੍ਰਭੁ ਅਪਨਾ ਅਨਤ ਸੇਤੀ ਬਿਖਿਆ ਬਨੁ ਗਾਹੀ॥੧॥ਚਰਨ ਪ੍ਰਭੂ ਕੇ ਬੋਹਿਥੁ ਪਾਏ ਭਵਸਾਗਰੁ ਪਾਰਿ ਪਰਾਹੀ॥ ਸੰਤ ਸੇਵਕ ਭਗਤ ਹਰਿ ਤਾ ਕੇ ਨਾਨਕ ਮਨੁ ਲਾਗਾ ਹੈ ਤਾਹੀ ॥੨॥੧੪॥ ੧੦੦ ॥ [ਪੰਨਾ ੮੨੪]

ਪਦ ਅਰਥ :–ਮਨ ਤਨ ਅੰਤਰਿ–ਮਨ ਅੰਤਰਿ ਤਨ ਅੰਤਰਿ । ਆਹੀ–ਹੈ, ਵੱਸਦਾ ਹੈ । ਗਾਵਤ–ਗਾਂਦਿਆਂ । ਰਸਨਾ–ਜੀਭ । ੧ । ਰਹਾਉ ।

ਕੁਲ ਸਮੂਹ—ਸਾਰੀਆਂ ਕੁਲਾਂ। ਉਧਰੇ—(ਸੰਸਾਰ-ਸਮੁੰਦਰ ਤੋਂ) ਬਚ ਨਿਕਲਦੇ ਹਨ। ਭੀਤਰਿ—ਵਿਚ। ਸਿਮਰਿ—ਸਿਮਰ ਕੇ। ਸੇਤੀ—ਨਾਲ। ਬਿਖਿਆ—ਮਾਇਆ। ਬਨੁ—ਜੰਗਲ। ਗਾਹੀ—ਗਾਹ ਲੈਂਦੇ ਹਨ। ੧।

ਬੋਹਿਥੁ—ਜਹਾਜ਼। ਭਵ ਸਾਗਰੁ—ਸੰਸਾਰ-ਸਮੁੰਦਰ। ਪਰਾਹੀ—ਪਰਹਿ, ਪੈ ਜਾਂਦੇ ਹਨ, ਲੰਘ ਜਾਂਦੇ ਹਨ। ਤਾ ਕੇ—ਉਸ (ਪ੍ਰਭੂ) ਦੇ। ਤਾਹੀ—ਉਸ (ਪ੍ਰਭੂ) ਵਿਚ ਹੀ। ੨।

ਅਰਥ :—ਹੇ ਭਾਈ ! ਜਿਸ ਮਨੁੱਖ ਦੇ ਮਨ ਵਿਚ ਹਿਰਦੇ ਵਿਚ (ਸਦਾ) ਪ੍ਰਭੂ ਵੱਸਦਾ ਹੈ, ਪ੍ਰਭੂ ਦੇ ਗੁਣ ਗਾਂਦਿਆਂ,ਦੂਜਿਆਂ ਦੀ ਭਲਾਈ ਦੀਆਂ ਗੱਲਾਂ ਸਦਾ ਕਰਦਿਆਂ, ਉਸ ਮਨੁੱਖ ਦੀ ਜੀਭ ਅਮੋਲਕ ਹੋ ਜਾਂਦੀ ਹੈ। ੧। ਰਹਾਉ।

ਹੇ ਭਾਈ ! ਆਪਣੇ ਮਾਲਕ-ਪ੍ਰਭੂ ਦਾ ਨਾਮ ਸਦਾ ਸਿਮਰ ਕੇ (ਸਿਮਰਨ ਕਰਨ ਵਾਲੇ ਸੰਤ ਭਗਤ) ਮਾਇਆ (ਦੇ ਸੰਸਾਰ-) ਜੰਗਲ ਤੋਂ ਬੜੇ ਆਨੰਦ ਨਾਲ ਪਾਰ ਲੰਘ ਜਾਂਦੇ ਹਨ, ਉਹ ਆਪਣੀ ਜਨਮਾਂ ਜਨਮਾਂ ਦੇ ਕੀਤੇ ਕਰਮਾਂ ਦੀ ਮੈਲ ਲਾਹ ਲੈਂਦੇ ਹਨ, ਉਹਨਾਂ ਦੀਆਂ ਸਾਰੀਆਂ ਕੁਲਾਂ ਭੀ ਖਿਨ ਵਿਚ(ਸੰਸਾਰ-ਜੰਗਲ ਵਿਚੋਂ)ਬਚ ਨਿਕਲਦੀਆਂ ਹਨ। ੧।

ਹੇ ਭਾਈ ! ਜੇਹੜੇ ਮਨੁੱਖ ਪਰਮਾਤਮਾ ਦੇ ਚਰਨਾਂ ਦਾ ਜਹਾਜ਼ ਪ੍ਰਾਪਤ ਕਰ ਲੈਂਦੇ ਹਨ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ। ਹੇ ਨਾਨਕ ! ਉਹੀ ਮਨੁੱਖ ਉਸ ਪ੍ਰਭੂ ਦੇ ਸੰਤ ਹਨ, ਭਗਤ ਹਨ, ਸੇਵਕ ਹਨ। ਉਹਨਾਂ ਦਾ ਮਨ ਉਸ ਪ੍ਰਭੂ ਵਿਚ ਹੀ ਸਦਾ ਟਿਕਿਆ ਰਹਿੰਦਾ ਹੈ।੨।੧੪।੧੦੦।

ਬਿਲਾਵਲੁ ਮਹਲਾ ੫ ॥ ਧੀਰਉ ਦੇਖਿ ਤੁਮਾਰੇ ਰੰਗਾ ॥ ਤੂਹੀ ਸੁਆਮੀ ਅੰਤਰਜਾਮੀ ਤੂਹੀ ਵਸਹਿ ਸਾਧ ਕੈ ਸੰਗਾ ॥੧॥ ਰਹਾਉ ॥ ਖਿਨ ਮਹਿ ਥਾਪਿ ਨਿਵਾਜੇ ਠਾਕੁਰ ਨੀਚ ਕੀਟ ਤੇ ਕਰਹਿ ਰਾਜੰਗਾ ॥ ੧ ॥ ਕਬ ਹੂ ਨ ਬਿਸਰੈ ਹੀਏ ਮੋਰੇ ਤੇ ਨਾਨਕ ਦਾਸ ਇਹੀ ਦਾਨੁ ਮੰਗਾ ॥ ੨ ॥ ੧੫॥ ੧੦੧ ॥ [ਪੰਨਾ੮੨੪]

ਪਦ ਅਰਥ :—ਧੀਰਉ—ਧੀਰਉਂ, ਮੈਂ ਧੀਰਜ ਫੜਦਾ ਹਾਂ, ਮੇਰੇ ਮਨ ਨੂੰ ਧੀਰਜ ਆ ਜਾਂਦੀ ਹੈ। ਦੇਖਿ—ਵੇਖ ਕੇ। ਰੰਗਾ—ਕੌਤਕ, ਚੋਜ। ਸੁਆਮੀ—ਮਾਲਕ। ਅੰਤਰਜਾਮੀ—ਦਿਲ ਦੀ ਜਾਣਨ ਵਾਲਾ। ਵਸਹਿ—ਵੱਸਦਾ ਹੈਂ। ਕੈ ਸੰਗਾ—ਦੇ ਨਾਲ। ੧। ਰਹਾਉ।

ਥਾਪਿ—ਥਾਪਨਾ ਦੇ ਕੇ। ਨਿਵਾਜੇ—ਮਾਣ-ਆਦਰ ਵਾਲੇ ਬਣਾ ਦਿੱਤੇ। ਠਾਕੁਰ—ਹੇ ਠਾਕੁਰ ! ਕੀਟ ਤੇ—ਕੀੜੇ ਤੋਂ। ਕਰਹਿ—ਤੂੰ ਕਰ ਦੇਂਦਾ ਹੈਂ। ਰਾਜੰਗਾ—ਰਾਜੇ। ੧।

ਕਬ ਹੂ–ਕਦੇ ਭੀ। ਹੀਏ ਤੇ–ਹਿਰਦੇ ਤੋਂ। ਮੰਗਾ–ਮੰਗਾਂ, ਮੈਂ ਮੰਗਦਾ ਹਾਂ।੨।

ਅਰਥ :–ਹੇ ਪ੍ਰਭੂ ! ਤੇਰੇ ਚੋਜ-ਤਮਾਸ਼ੇ ਵੇਖ ਵੇਖ ਕੇ ਮੈਨੂੰ (ਭੀ) ਹੌਸਲਾ ਬਣ ਰਿਹਾ ਹੈ (ਕਿ ਤੂੰ ਮੇਰੀ ਭੀ ਸਹਾਇਤਾ ਕਰੇਂਗਾ)। ਤੂੰ ਹੀ (ਸਾਡਾ) ਮਾਲਕ ਹੈਂ, ਤੂੰ ਹੀ ਸਾਡੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਹੀ (ਹਰੇਕ) ਸਾਧੂ-ਜਨ ਦੇ ਨਾਲ ਵੱਸਦਾ ਹੈਂ। ੧। ਰਹਾਉ।

ਹੇ ਮਾਲਕ ! ਤੂੰ ਨੀਵੇਂ ਕੀੜਿਆਂ (ਵਰਗੇ ਨਾਚੀਜ਼ ਬੰਦਿਆਂ) ਨੂੰ ਰਾਜੇ ਬਣਾ ਦੇਂਦਾ ਹੈਂ। ਤੂੰ ਇਕ ਖਿਨ ਵਿਚ ਹੀ (ਨੀਵਿਆਂ ਨੂੰ) ਥਾਪਣਾ ਦੇ ਕੇ ਮਾਣ-ਆਦਰ ਵਾਲੇ ਬਣਾ ਦਿੱਤਾ। ੧।

ਹੇ ਦਾਸ ਨਾਨਕ ! (ਆਖ–ਹੇ ਪ੍ਰਭੂ ! ਮੇਹਰ ਕਰ, ਤੇਰਾ ਨਾਮ) ਮੇਰੇ ਹਿਰਦੇ ਤੋਂ ਕਦੇ ਭੀ ਨਾਹ ਭੁੱਲੇ। (ਤੇਰੇ ਦਰ ਤੋਂ) ਮੈਂ ਖ਼ੈਰ ਮੰਗਦਾ ਹਾਂ।੨।੧੫।੧੦੧।

ਬਿਲਾਵਲੁ ਮਹਲਾ ੫ ॥ ਅਚੁਤ ਪੂਜਾ ਜੋਗ ਗੋਪਾਲ ॥ ਮਨੁ ਤਨੁ ਅਰਪਿ ਰਖਉ ਹਰਿ ਆਗੈ ਸਰਬ ਜੀਆ ਕਾ ਹੈ ਪ੍ਰਤਿਪਾਲ ॥ ੧ ॥ ਰਹਾਉ ॥ ਸਰਨਿ ਸਮ੍ਰਥ ਅਕਥ ਸੁਖਦਾਤਾ ਕਿਰਪਾਸਿੰਧੁ ਬਡੋ ਦਇਆਲ ॥ ਕੰਠਿ ਲਾਇ ਰਾਖੈ ਅਪਨੇ ਕਉ ਤਿਸ ਨੋ ਲਗੈ ਨ ਤਾਤੀ ਬਾਲ ॥ ੧ ॥ ਦਾਮੋਦਰ ਦਇਆਲ ਸੁਆਮੀ ਸਰਬਸੁ ਸੰਤ ਜਨਾ ਧਨ ਮਾਲ ॥ ਨਾਨਕ ਜਾਚਿਕ ਦਰਸੁ ਪ੍ਰਭ ਮਾਗੈ ਸੰਤ ਜਨਾ ਕੀ ਮਿਲੈ ਰਵਾਲ ॥ ੨ ॥ ੧੬ ॥ ੧੦੨ ॥
[ਪੰਨਾ ੮੨੪]

ਪਦ ਅਰਥ :–ਅਚੁਤ–ਅੱਚੁਤ [अच्युत] ਕਦੇ ਨਾਸ ਨਾਹ ਹੋਣ ਵਾਲਾ। ਪੂਜਾ ਜੋਗ–ਪੂਜਾ ਦਾ ਹੱਕਦਾਰ। ਗੋਪਾਲ–ਧਰਤੀ ਦਾ ਰਾਖਾ। ਅਰਪਿ–ਭੇਟਾ ਕਰ ਕੇ। ਰਖਉ–ਰਖਉਂ, ਮੈਂ ਰੱਖਾਂ। ਪ੍ਰਤਿਪਾਲ–ਪਾਲਣਾ ਕਰਨ ਵਾਲਾ। ੧। ਰਹਾਉ।

ਸਰਨਿ ਸਮ੍ਰਥ–ਸਰਨ ਆਏ ਦੀ ਸਹਾਇਤਾ ਕਰਨ-ਜੋਗਾ। ਅਕਥ–ਜਿਸ ਦੇ ਸਰੂਪ ਦਾ ਬਿਆਨ ਨਾਹ ਕੀਤਾ ਜਾ ਸਕੇ। ਸਿੰਧੁ–ਸਮੁੰਦਰ। ਕੰਠਿ–ਗਲ ਨਾਲ। ਕਉ –ਨੂੰ। ਤਿਸ ਨੋ–[ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ]। ਤਾਤੀ ਬਾਲ–ਤੱਤੀ ਹਵਾ, ਸੇਕ। ੧।

ਦਾਮੋਦਰ–[दामन् उदर] ਪਰਮਾਤਮਾ। ਸਰਬਸੁ–[सर्वस्व–ਸਾਰਾ ਧਨ-ਪਦਾਰਥ] ਸਭ ਕੁਝ। ਜਾਚਿਕ–ਮੰਗਤਾ। ਪ੍ਰਭ–ਹੇ ਪ੍ਰਭੂ ! ਰਵਾਲ–ਚਰਨ-ਧੂੜ। ੨।

ਅਰਥ :–ਹੇ ਭਾਈ ! ਧਰਤੀ ਦਾ ਰਾਖਾ ਅਤੇ ਅਬਿਨਾਸ਼ੀ ਪ੍ਰਭੂ ਹੀ ਪੂਜਾ ਦਾ ਹੱਕਦਾਰ ਹੈ। ਮੈਂ ਆਪਣਾ ਮਨ ਆਪਣਾ ਤਨ ਭੇਟਾ ਕਰ ਕੇ ਉਸ ਪ੍ਰਭੂ ਅੱਗੇ (ਹੀ) ਰਖਦਾ ਹਾਂ। ਉਹ ਪ੍ਰਭੂ ਸਾਰੇ ਜੀਵਾਂ ਦਾ ਪਾਲਣ ਵਾਲਾ ਹੈ। ੧। ਰਹਾਉ।

ਹੇ ਭਾਈ ! ਪ੍ਰਭੂ ਸਹਨ ਪਏ ਜੀਵ ਦੀ ਰੱਖਿਆ ਕਰਨ ਜੋਗਾ ਹੈ, ਉਸ ਦੇ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ, ਉਹ ਸਾਰੇ ਸੁਖਾਂ ਦਾ ਦੇਣ ਵਾਲਾ ਹੈ, ਕਿਰਪਾ ਦਾ ਸਮੁੰਦਰ ਹੈ, ਬੜਾ ਹੀ ਦਇਆਵਾਨ ਹੈ। ਉਹ ਪ੍ਰਭੂ ਆਪਣੇ (ਸੇਵਕ) ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ, (ਫਿਰ) ਉਸ (ਸੇਵਕ) ਨੂੰ ਕੋਈ ਦੁੱਖ-ਕਲੇਸ਼ ਰਤਾ ਭਰ ਭੀ ਪੋਹ ਨਹੀਂ ਸਕਦਾ। ੧।

ਹੇ ਭਾਈ ! ਪਰਮਾਤਮਾ ਦਇਆ ਦਾ ਘਰ ਹੈ, ਸਭ ਦਾ ਮਾਲਕ ਹੈ, ਸੰਤ ਜਨਾਂ ਵਾਸਤੇ ਉਹੀ ਧਨ ਹੈ ਮਾਲ ਹੈ ਅਤੇ ਸਭ ਕੁਝ ਹੈ। ਉਸ ਪ੍ਰਭੂ (ਦੇ ਦਰ) ਦਾ ਮੰਗਤਾ ਨਾਨਕ ਉਸ ਦੇ ਦਰਸ਼ਨ ਦਾ ਖ਼ੈਰ ਮੰਗਦਾ ਹੈ (ਅਤੇ ਅਰਜ਼ੋਈ ਕਰਦਾ ਹੈ ਕਿ ਉਸ ਦੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮਿਲ ਜਾਏ। ੨। ੧੬। ੧੦੨।

ਬਿਲਾਵਲੁ ਮਹਲਾ ੫ ॥ ਸਿਮਰਤ ਨਾਮੁ ਕੋਟਿ ਜਤਨ ਭਏ ॥ ਸਾਧਸੰਗਿ ਮਿਲਿ ਹਰਿ ਗੁਨ ਗਾਏ ਜਮ ਦੂਤਨ ਕਉ ਤ੍ਰਾਸ ਅਹੇ ॥ ੧ ॥ ਰਹਾਉ ॥ ਜੇਤੇ ਪੁਨਹਚਰਨ ਸੇ ਕੀਨ੍ਹੇ ਮਨਿ ਤਨਿ ਪ੍ਰਭ ਕੇ ਚਰਣ ਗਹੇ ॥ ਆਵਣ ਜਾਣੁ ਭਰਮੁ ਭਉ ਨਾਠਾ ਜਨਮ ਜਨਮ ਕੇ ਕਿਲਵਿਖ ਦਹੇ ॥੧॥ ਨਿਰਭਉ ਹੋਇ ਭਜਹੁ ਜਗਦੀਸੈ ਏਹੁ ਪਦਾਰਥੁ ਵਡਭਾਗਿ ਲਹੇ ॥ ਕਰਿ ਕਿਰਪਾ ਪੂਰਨ ਪ੍ਰਭ ਦਾਤੇ ਨਿਰਮਲ ਜਸੁ ਨਾਨਕ ਦਾਸ ਕਹੇ ॥ ੨ ॥ ੧੭ ॥ ੧੦੩ ॥ [ਪੰਨਾ ੮੨੪]

ਪਦ ਅਰਥ :—ਕੋਟਿ—ਕ੍ਰੋੜਾਂ। ਜਤਨ—(ਤੀਰਥ, ਕਰਮ ਕਾਂਡ ਆਦਿਕ) ਉੱਦਮ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਮਿਲਿ—ਮਿਲ ਕੇ। ਕਉ—ਨੂੰ। ਤ੍ਰਾਸ—ਡਰ। ਅਹੇ —ਹੋ ਜਾਂਦਾ ਹੈ। ੧। ਰਹਾਉ।

ਜੇਤੇ—ਜਿਤਨੇ ਹੀ, ਸਾਰੇ ਹੀ। ਪੁਨਹ ਚਰਨ—ਪ੍ਰਾਸ਼ਚਿਤ-ਕਰਮ, ਪਾਪਾਂ ਦੀ ਨਿਵਿਰਤੀ ਵਾਸਤੇ ਕੀਤੇ ਹੋਏ ਕਰਮ। ਸੇ—[ਬਹੁ ਵਚਨ] ਉਹ। ਮਨਿ—ਮਨ ਵਿਚ। ਤਨਿ—ਹਿਰਦੇ ਵਿਚ। ਗਹੇ—ਫੜ ਲਏ। ਨਾਠਾ—ਨੱਸ ਗਿਆ। ਕਿਲਵਿਖ—ਪਾਪ। ਦਹੇ—ਸੜ ਗਏ। ੧।

ਜਗਦੀਸੈ—ਜਗਤ ਦੇ ਈਸ਼ (ਮਾਲਕ) ਨੂੰ। ਵਡ ਭਾਗਿ—ਵੱਡੀ ਕਿਸਮਤ ਨਾਲ। ਲਹੇ—ਲੱਭਦਾ ਹੈ। ਪ੍ਰਭ—ਹੇ ਪ੍ਰਭੂ ! ਦਾਤੇ—ਹੇ ਦਾਤਾਰ ! ਨਿਰਮਲ—ਪਵਿੱਤਰ ਕਰਨ ਵਾਲਾ। ਜਸੁ—ਸਿਫਤਿ ਸਾਲਾਹ। ੨।

ਅਰਥ :—ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰਦਿਆਂ (ਤੀਰਥ, ਕਰਮ ਕਾਂਡ ਆਦਿਕ) ਕ੍ਰੋੜਾਂ ਹੀ ਉੱਦਮ (ਮਾਨੋ) ਹੋ ਜਾਂਦੇ ਹਨ। (ਜਿਸ ਮਨੁੱਖ ਨੇ) ਗੁਰੂ ਦੀ ਸੰਗਤਿ

ਵਿਚ ਮਿਲ ਕੇ ਪ੍ਰਭੂ ਦੇ ਗੁਣ ਗਾਣੇ ਸ਼ੁਰੂ ਕਰ ਦਿੱਤੇ, ਜਮਦੂਤਾਂ ਨੂੰ (ਉਸ ਦੇ ਨੇੜੇ ਜਾਣੋਂ) ਡਰ ਆਉਣ ਲੱਗ ਪਿਆ । ੧ । ਰਹਾਉ ।

ਹੇ ਭਾਈ ! ਜਿਸ ਮਨੁੱਖ ਨੇ ਪ੍ਰਭੂ ਦੇ ਚਰਨ ਆਪਣੇ ਮਨ ਵਿਚ ਹਿਰਦੇ ਵਿਚ ਵਸਾ ਲਏ, ਉਸ ਨੇ (ਪਿਛਲੇ ਕਰਮਾਂ ਦੇ ਸੰਸਕਾਰ ਮਿਟਾਣ ਲਈ, ਮਾਨੋ) ਸਾਰੇ ਹੀ ਪ੍ਰਾਸ਼ਚਿਤ ਕਰਮ ਕਰ ਲਏ । ਉਸ ਦਾ ਜਨਮ ਮਰਨ ਦਾ ਗੇੜ ਮੁੱਕ ਗਿਆ, ਉਸ ਦਾ ਹਰੇਕ ਭਰਮ ਡਰ ਦੂਰ ਹੋ ਗਿਆ, ਉਸ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਸੜ ਗਏ । ੧ ।

(ਤਾਂ ਤੇ, ਹੇ ਭਾਈ !) ਨਿਡਰ ਹੋ ਕੇ (ਕਰਮ ਕਾਂਡ ਦਾ ਭਰਮ ਲਾਹ ਕੇ) ਜਗਤ ਦੇ ਮਾਲਕ-ਪ੍ਰਭੂ ਦਾ ਨਾਮ ਜਪਿਆ ਕਰੋ । ਇਹ ਨਾਮ-ਪਦਾਰਥ ਵੱਡੀ ਕਿਸਮਤ ਨਾਲ ਹੀ ਮਿਲਦਾ ਹੈ । ਹੇ ਸਰਬ-ਵਿਆਪਕ ਦਾਤਾਰ ਪ੍ਰਭੂ ! ਮੇਹਰ ਕਰ,ਤਾ ਕਿ ਤੇਰਾ ਦਾਸ ਨਾਨਕ ਪਵਿੱਤਰ ਕਰਨ ਵਾਲੀ ਤੇਰੀ ਸਿਫ਼ਤਿ ਸਾਲਾਹ ਕਰਦਾ ਰਹੇ ।੨।੧੭।੧੦੩।

ਬਿਲਾਵਲੁ ਮਹਲਾ ੫ ।। ਸੁਲਹੀ ਤੇ ਨਾਰਾਇਣ ਰਾਖੁ ।। ਸੁਲਹੀ ਕਾ ਹਾਥੁ ਕਹੀ ਨ ਪਹੁਚੈ ਸੁਲਹੀ ਹੋਇ ਮੂਆ ਨਾਪਾਕੁ ॥ ੧ ॥ ਰਹਾਉ ।। ਕਾਢਿ ਕੁਠਾਰੁ ਖਸਮਿ ਸਿਰੁ ਕਾਟਿਆ ਖਿਨ ਮਹਿ ਹੋਇ ਗਇਆ ਹੈ ਖਾਕੁ॥ ਮੰਦਾ ਚਿਤਵਤ ਚਿਤਵਤ ਪਚਿਆ ਜਿਨਿ ਰਚਿਆ ਤਿਨਿ ਦੀਨਾ ਧਾਕੁ ।। ੧ ।। ਪੂਤ੍ਰ ਮੀਤ ਧਨੁ ਕਿਛੂ ਨ ਰਹਿਓਸੁ ਛੋਡਿ ਗਇਆ ਸਭ ਭਾਈ ਸਾਕੁ॥ ਕਹੁ ਨਾਨਕ ਤਿਸੁ ਪ੍ਰਭ ਬਲਿਹਾਰੀ ਜਿਨਿ ਜਨ ਕਾ ਕੀਨੋ ਪੂਰਨ ਵਾਕੁ ॥ ੨॥ ੧੮ ॥ ੧੦੪ ॥ [ਪੰਨਾ ੮੨੫]

ਪਦ ਅਰਥ :–ਤੇ–ਤੋਂ । ਨਾਰਾਇਣ–ਹੇ ਪ੍ਰਭੂ ! ਰਾਖੁ–ਬਚਾ ਲੈ । ਕਹੀ–ਕਿਤੇ ਭੀ । ਨਾਪਾਕੁ–ਅਪਵਿੱਤਰ, ਮਲੀਨ-ਬੁੱਧਿ । ੧ । ਰਹਾਉ ।

ਕਾਢਿ–ਕੱਢ ਕੇ । ਕੁਠਾਰੁ–(ਮੌਤ-ਰੂਪ) ਕੁਹਾੜਾ । ਖਸਮਿ–ਮਾਲਕ (-ਪ੍ਰਭੂ) ਨੇ । ਖਾਕੁ–ਮਿੱਟੀ, ਸੁਆਹ । ਪਚਿਆ–ਸੜ ਮੁਇਆ ਹੈ । ਜਿਨਿ–ਜਿਸ (ਪ੍ਰਭੂ) ਨੇ । ਤਿਨਿ –ਉਸ (ਪ੍ਰਭੂ) ਨੇ । ਧਾਕੁ–ਧੱਕਾ । ੧ ।

ਨ ਰਹਿਓਸੁ–ਉਸ (ਸੁਲਹੀ) ਦਾ ਨਹੀਂ ਰਿਹਾ । ਛੋਡਿ–ਛੱਡ ਕੇ । ਕਹੁ–ਆਖ । ਬਲਿਹਾਰੀ–ਕੁਰਬਾਨ । ਜਿਨਿ–ਜਿਸ (ਪ੍ਰਭੂ) ਨੇ । ਜਨ ਕਾ ਵਾਕੁ–ਸੇਵਕ ਦੀ ਅਰਦਾਸ। ੨ ।

ਅਰਥ :–(ਹੇ ਪ੍ਰਭੂ ! ਮੇਰੀ ਸੇਵਕ ਦੀ ਤਾਂ ਤੇਰੇ ਪਾਸ ਹੀ ਅਰਜ਼ੋਈ ਸੀ ਕਿ) ਹੇ ਪ੍ਰਭੂ ! (ਸਾਨੂੰ) ਸੁਲਹੀ (ਖਾਂ) ਤੋਂ ਬਚਾ ਲੈ, ਅਤੇ ਸੁਲਹੀ ਦਾ (ਜ਼ੁਲਮ-ਭਰਿਆ) ਹੱਥ (ਸਾਡੇ ਉੱਤੇ) ਕਿਤੇ ਭੀ ਨਾਂਹ ਅੱਪੜ ਸਕੇ । (ਹੇ ਭਾਈ ! ਪ੍ਰਭੂ ਨੇ ਆਪ ਹੀ ਮੇਹਰ ਕੀਤੀ

ਹੈ) ਸੁਲਹੀ (ਖਾਂ) ਮਲੀਨ-ਬੁੱਧਿ ਹੋ ਕੇ ਮਰਿਆ ਹੈ। ੧। ਰਹਾਉ।

ਹੇ ਭਾਈ! ਖਸਮ ਪ੍ਰਭੂ ਨੇ (ਮੌਤ-ਰੂਪ) ਕੁਹਾੜਾ ਕੱਢ ਕੇ (ਸੁਲਹੀ ਦਾ) ਸਿਰ ਵੱਢ ਦਿੱਤਾ ਹੈ, (ਜਿਸ ਕਰ ਕੇ ਉਹ) ਇਕ ਖਿਨ ਵਿਚ ਹੀ ਸੁਆਹ ਦੀ ਢੇਰੀ ਹੋ ਗਿਆ ਹੈ। ਹੋਰਨਾਂ ਦਾ ਨੁਕਸਾਨ ਕਰਨਾ ਸੋਚਦਾ ਸੋਚਦਾ (ਸੁਲਹੀ) ਸੜ ਮਰਿਆ ਹੈ। ਜਿਸ ਪ੍ਰਭੂ ਨੇ ਉਸ ਨੂੰ ਪੈਦਾ ਕੀਤਾ ਸੀ, ਉਸ ਨੇ (ਹੀ ਉਸ ਨੂੰ ਪਰਲੋਕ ਵਲ ਦਾ) ਧੱਕਾ ਦੇ ਦਿੱਤਾ ਹੈ। ੧।

ਹੇ ਭਾਈ! ਸਾਰਾ ਸਾਕ (ਕੁਟੰਬ) ਛੱਡ ਕੇ (ਸੁਲਹੀ ਇਸ ਦੁਨੀਆ ਤੋਂ) ਤੁਰ ਗਿਆ ਹੈ। ਉਸ ਦੇ ਭਾ ਦੇ ਨਾਂਹ ਕੋਈ ਪੁੱਤਰ ਰਹਿ ਗਏ, ਨਾਂਹ ਕੋਈ ਮਿੱਤਰ ਰਹਿ ਗਏ, ਨਾਂਹ ਧਨ ਰਹਿ ਗਿਆ, ਉਸ ਦੇ ਭਾ ਦਾ ਕੁਝ ਭੀ ਨਹੀਂ ਰਹਿ ਗਿਆ। ਹੇ ਨਾਨਕ! ਆਖ—ਮੈਂ ਉਸ ਪ੍ਰਭੂ ਤੋਂ ਕੁਰਬਾਨ ਜਾਂਦਾ ਹਾਂ, ਜਿਸ ਨੇ ਆਪਣੇ ਸੇਵਕ ਦੀ ਅਰਦਾਸ ਸੁਣੀ ਹੈ (ਤੇ, ਸੇਵਕ ਨੂੰ ਸੁਲਹੀ ਤੋਂ ਬਚਾਇਆ ਹੈ)। ੨। ੧੯। ੧੦੪।

ਭਾਵ :—ਕੋਈ ਭੀ ਬਿਪਤਾ ਆਉਂਦੀ ਦਿੱਸੇ, ਪਰਮਾਤਮਾ ਦੇ ਦਰ ਤੇ ਹੀ ਅਰਜ਼ੋਈ ਕੀਤੀ ਫਬਦੀ ਹੈ।

ਬਿਲਾਵਲੁ ਮਹਲਾ ੫ ॥ ਪੂਰੇ ਗੁਰ ਕੀ ਪੂਰੀ ਸੇਵ ॥ ਆਪੇ ਆਪਿ ਵਰਤੈ ਸੁਆਮੀ ਕਾਰਜੁ ਰਾਸਿ ਕੀਆ ਗੁਰਦੇਵ ॥੧॥ ਰਹਾਉ॥ ਆਦਿ ਮਧਿ ਪ੍ਰਭੁ ਅੰਤਿ ਸੁਆਮੀ ਅਪਨਾ ਥਾਟੁ ਬਨਾਇਓ ਆਪਿ ॥ ਅਪਨੇ ਸੇਵਕ ਕੀ ਆਪੇ ਰਾਖੈ ਪ੍ਰਭ ਮੇਰੇ ਕੋ ਵਡ ਪਰਤਾਪੁ ॥ ੧ ॥ ਪਾਰਬ੍ਰਹਮ ਪਰਮੇਸੁਰ ਸਤਿਗੁਰ ਵਸਿ ਕੀਨੇ ਜਿਨਿ ਸਗਲੇ ਜੰਤ॥ਚਰਨ ਕਮਲ ਨਾਨਕ ਸਰਣਾਈ ਰਾਮਨਾਮ ਜਪਿ ਨਿਰਮਲ ਮੰਤ ॥੨॥੧੯॥੧੦੫॥[ਪੰਨਾ ੮੨੫]

ਪਦ ਅਰਥ :—ਪੂਰੀ—ਸਫਲ। ਸੇਵ—ਸੇਵਾ-ਭਗਤੀ,ਸਰਨ,ਓਟ। ਆਪੇ—ਆਪ। ਵਰਤੈ—ਹਰ ਥਾਂ ਮੌਜੂਦ ਹੈ। ਰਾਸਿ ਕੀਆ—ਸਫਲ ਕਰ ਦਿੱਤਾ ਹੈ। ੧। ਰਹਾਉ।

ਆਦਿ—ਸ਼ੁਰੂ ਵਿਚ। ਮਧਿ—(ਜਗਤ-ਰਚਨਾ ਦੇ)ਵਿਚਕਾਰ,ਹੁਣ। ਅੰਤਿ—ਅਖ਼ੀਰ ਵਿਚ ਭੀ। ਥਾਟੁ—ਜਗਤ-ਰਚਨਾ। ਪਰਤਾਪੁ--ਤਾਕਤ।੧।

ਜਿਨਿ—ਜਿਸ (ਪ੍ਰਭੂ) ਨੇ। ਸਗਲੇ—ਸਾਰੇ। ਨਾਨਕ—ਹੇ ਨਾਨਕ! ਜਪਿ—ਜਪ ਕੇ। ਨਿਰਮਲ—ਪਵਿਤ੍ਰ ਆਚਰਨ ਵਾਲਾ। ਮੰਤ—ਮੰਤਰ। ੨।

ਅਰਥ :—ਹੇ ਭਾਈ! ਪੂਰੇ ਗੁਰੂ ਦਾ ਆਸਰਾ (ਜ਼ਿੰਦਗੀ ਨੂੰ) ਕਾਮਯਾਬ (ਬਣਾ ਦੇਂਦਾ ਹੈ)। (ਸਰਨ ਪਏ ਸਿੱਖ ਦਾ) ਹਰੇਕ ਕੰਮ ਗੁਰੂ ਨੇ (ਸਦਾ) ਸਫਲ ਕੀਤਾ ਹੈ। (ਗੁਰੂ ਦੀ ਕਿਰਪਾ ਨਾਲ ਇਹ ਯਕੀਨ ਬਣ ਜਾਂਦਾ ਹੈ ਕਿ) ਮਾਲਕ-ਪ੍ਰਭੂ ਹਰ ਥਾਂ ਆਪ

ਹੀ ਆਪ ਮੌਜੂਦ ਹੈ। ੧। ਰਹਾਉ।

(ਹੇ ਭਾਈ! ਗੁਰੂ ਇਹ ਸ੍ਰਧਾ ਪੈਦਾ ਕਰਦਾ ਹੈ ਕਿ) ਜਿਸ ਪ੍ਰਭੂ ਨੇ ਆਪਣੀ ਇਹ ਜਗਤ-ਖੇਡ ਬਣਾਈ ਹੈ ਉਹ ਮਾਲਕ ਪ੍ਰਭੂ (ਇਸ ਖੇਡ ਦੇ) ਸ਼ੁਰੂ ਵਿਚ, ਹੁਣ ਅਤੇ ਅਖ਼ੀਰ ਵਿਚ ਸਦਾ ਕਾਇਮ ਰਹਿਣ ਵਾਲਾ ਹੈ।(ਗੁਰੂ ਤੋਂ ਇਹ ਨਿਸ਼ਚਾ ਮਿਲਦਾ ਹੈ ਕਿ) ਉਸ ਪਰਮਾਤਮਾ ਦੀ ਬੜੀ ਤਾਕਤ ਹੈ, ਆਪਣੇ ਸੇਵਕ ਦੀ ਲਾਜ ਉਹ ਆਪ ਹੀ (ਸਦਾ) ਰੱਖਦਾ ਹੈ। ੧।

ਹੇ ਨਾਨਕ! ਜਿਸ ਪਾਰਬ੍ਰਹਮ ਪਰਮੇਸਰ ਨੇ ਸਾਰੇ ਜੀਅ ਜੰਤ ਆਪਣੇ ਵੱਸ ਵਿਚ ਰੱਖੇ ਹੋਏ ਹਨ, ਉਸ ਦੇ ਸੋਹਣੇ ਚਰਨਾਂ ਦੀ ਸਰਨ ਪਏ ਰਹਿਣਾ ਚਾਹੀਦਾ ਹੈ, ਗੁਰੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ। (ਗੁਰੂ ਦੀ ਸਰਨ ਪੈ ਕੇ) ਪ੍ਰਭੂ ਦਾ ਨਾਮ-ਮੰਤਰ ਜਪਿਆਂ ਪਵਿੱਤਰ ਜੀਵਨ ਵਾਲਾ ਬਣ ਜਾਈਦਾ ਹੈ। ੨। ੧੯। ੧੦੫।

ਬਿਲਾਵਲੁ ਮਹਲਾ ੫ ॥ ਤਾਪ ਪਾਪ ਤੇ ਰਾਖੇ ਆਪ ॥ ਸੀਤਲ ਭਏ ਗੁਰਚਰਨੀ ਲਾਗੇ ਰਾਮਨਾਮ ਹਿਰਦੇ ਮਹਿ ਜਾਪ ॥ ੧ ॥ ਰਹਾਉ ॥ ਕਰਿ ਕਿਰਪਾ ਹਸਤ ਪ੍ਰਭਿ ਦੀਨੇ ਜਗਤ ਉਧਾਰ ਨਵਖੰਡ ਪ੍ਰਤਾਪ ॥ ਦੁਖ ਬਿਨਸੇ ਸੁਖ ਅਨਦ ਪ੍ਰਵੇਸਾ ਤ੍ਰਿਸਨ ਬੁਝੀ ਮਨ ਤਨ ਸਚੁ ਧ੍ਰਾਪ ॥੧॥ ਅਨਾਥ ਕੋ ਨਾਥੁ ਸਰਣਿ ਸਮਰਥਾ ਸਗਲ ਸ੍ਰਿਸਟਿ ਕੋ ਮਾਈ ਬਾਪੁ ॥ ਭਗਤਿ ਵਛਲ ਭੈ ਭੰਜਨ ਸੁਆਮੀ ਗੁਣ ਗਾਵਤ ਨਾਨਕ ਆਲਾਪ॥੨॥੨੦॥੧੦੬॥[੮੩੫]

ਪਦ ਅਰਥ:—ਤਾਪ ਤੇ—ਦੁੱਖਾਂ-ਕਲੇਸ਼ਾਂ ਤੋਂ। ਰਾਖੇ—ਬਚਾਂਦਾ ਹੈ। ਸੀਤਲ—ਸ਼ਾਂਤ। ਮਹਿ—ਵਿਚ। ੧। ਰਹਾਉ।

ਕਰਿ—ਕਰ ਕੇ। ਹਸਤ—ਹੱਥ। ਪ੍ਰਭਿ—ਪ੍ਰਭੂ ਨੇ। ਜਗਤ ਉਧਾਰ—ਸਾਰੇ ਜਗਤ ਨੂੰ ਪਾਰ ਉਤਾਰਨ ਵਾਲਾ। ਨਵਖੰਡ—ਨੌ ਖੰਡਾਂ ਵਿਚ, ਸਾਰੇ ਸੰਸਾਰ ਵਿਚ। ਪ੍ਰਤਾਪ—ਤੇਜ। ਸਚੁ—ਸਦਾ-ਥਿਰ ਹਰੀ-ਨਾਮ। ਧ੍ਰਾਪ—ਰੱਜ ਜਾਂਦੇ ਹਨ। ੧।

ਕੋ—ਦਾ। ਨਾਥੁ—ਖਸਮ। ਸਰਣਿ ਸਮਰਥਾ—ਸਰਨ ਪਏ ਦੀ ਸਹਾਇਤਾ ਕਰਨ-ਜੋਗਾ। ਭਗਤਿ ਵਛਲ—ਭਗਤੀ ਨੂੰ ਪਿਆਰ ਕਰਨ ਵਾਲਾ। ਭੈ ਭੰਜਨ—ਸਾਰੇ ਡਰ ਨਾਸ ਕਰਨ ਵਾਲਾ। ਆਲਾਪ—ਉਚਾਰਨ ਕਰ। ੨।

ਅਰਥ :—ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਚਰਨੀਂ ਲੱਗਦੇ ਹਨ ਅਤੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਜਪਦੇ ਹਨ, ਉਹਨਾਂ ਦੇ ਹਿਰਦੇ ਠੰਢੇ-ਠਾਰ ਹੋ ਜਾਂਦੇ ਹਨ ਕਿਉਂਕਿ ਪਰਮਾਤਮਾ ਆਪ ਉਹਨਾਂ ਨੂੰ ਸਾਰੇ ਦੁੱਖਾਂ-ਕਲੇਸ਼ਾਂ ਤੋਂ ਵਿਕਾਰਾਂ ਤੋਂ ਬਚਾ ਲੈਂਦਾ ਹੈ।੧। ਰਹਾਉ।

(ਹੇ ਭਾਈ ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਜਾਪਦੇ ਹਨ) ਪ੍ਰਭੂ ਨੇ ਸਦਾ ਮੇਹਰ ਕਰ ਕੇ ਆਪਣੇ ਹੱਥ (ਉਹਨਾਂ ਦੇ ਸਿਰ ਉਤੇ) ਰੱਖੇ ਹਨ। ਉਹ ਪ੍ਰਭੂ ਸਾਰੇ ਜਗਤ ਨੂੰ ਪਾਰ ਲੰਘਾਣ ਵਾਲਾ ਹੈ, ਉਸ ਦਾ ਤੇਜ ਸਾਰੇ ਸੰਸਾਰ ਵਿਚ ਚਮਕ ਰਿਹਾ ਹੈ। (ਸਿਮਰਨ ਕਰਨ ਵਾਲੇ ਮਨੁੱਖਾਂ ਦੇ) ਸਾਰੇ ਦੁੱਖ ਨਾਸ ਹੋ ਜਾਂਦੇ ਹਨ, ਉਹਨਾਂ ਦੇ ਹਿਰਦੇ ਵਿਚ ਸੁਖ ਆਨੰਦ ਆ ਵੱਸਦੇ ਹਨ, ਸਦਾ-ਥਿਰ ਹਰਿ-ਨਾਮ ਜਪ ਕੇ ਉਹਨਾਂ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ, ਉਹਨਾਂ ਦਾ ਮਨ ਰੱਜ ਜਾਂਦਾ ਹੈ, ਉਹਨਾਂ ਦਾ ਸਰੀਰ (ਇੰਦ੍ਰੇ) ਰੱਜ ਜਾਂਦਾ ਹੈ। ੧।

ਹੇ ਨਾਨਕ ! ਪਰਮਾਤਮਾ ਨਿਖਸਮਿਆਂ ਦਾ ਖਸਮ ਹੈ, ਸਰਨ ਆਇਆਂ ਦੀ ਸਹਾਇਤਾ ਕਰਨ-ਜੋਗ ਹੈ, ਸਾਰੀ ਸ੍ਰਿਸ਼ਟੀ ਦਾ ਮਾਂ-ਪਿਉ ਹੈ। ਉਹ ਮਾਲਕ-ਪ੍ਰਭੂ ਭਗਤੀ ਨੂੰ ਪਿਆਰ ਕਰਨ ਵਾਲਾ ਹੈ, ਸਾਰੇ ਡਰ ਦੂਰ ਕਰਨ ਵਾਲਾ ਹੈ, ਉਸ ਦੇ ਗੁਣ ਗਾ ਗਾ ਕੇ ਉਸ ਦਾ ਨਾਮ ਜਪਿਆ ਕਰ। ੨। ੨੦। ੧੦੬।

ਬਿਲਾਵਲੁ ਮਹਲਾ ੫ ॥ ਜਿਸ ਤੇ ਉਪਜਿਆ ਤਿਸਹਿ ਪਛਾਨੁ ॥ ਪਾਰਬ੍ਰਹਮੁ ਪਰਮੇਸਰੁ ਧਿਆਇਆ ਕੁਸਲ ਖੇਮ ਹੋਏ ਕਲਿਆਨ ॥ ੧ ॥ ਰਹਾਉ ॥ ਗੁਰੁ ਪੂਰਾ ਭੇਟਿਓ ਬਡਭਾਗੀ ਅੰਤਰਜਾਮੀ ਸੁਘੜੁ ਸੁਜਾਨੁ ॥ ਹਾਥ ਦੇਇ ਰਾਖੇ ਕਰਿ ਅਪਨੇ ਬਡ ਸਮਰਥੁ ਨਿਮਾਣਿਆ ਕੋ ਮਾਨੁ ॥੧॥ ਭ੍ਰਮ ਭੈ ਬਿਨਸਿ ਗਏ ਖਿਨ ਭੀਤਰਿ ਅੰਧਕਾਰ ਪ੍ਰਗਟੇ ਚਾਨਾਣੁ ॥ ਸਾਸਿ ਸਾਸਿ ਆਰਾਧੈ ਨਾਨਕੁ ਸਦਾ ਸਦਾ ਜਾਈਐ ਕੁਰਬਾਣੁ ॥੨॥੨੧॥੧੦੭॥ [੮੨੫]

ਪਦ ਅਰਥ :—ਜਿਸ ਤੇ—ਜਿਸ (ਪਰਮਾਤਮਾ) ਤੋਂ [ਲਫ਼ਜ਼ 'ਜਿਸ' ਦਾ ੑ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ]। ਤੇ—ਤੋਂ। ਤਿਸਹਿ—ਤਿਸੁ ਹੀ, ਉਸ ਨੂੰ ਹੀ। ਪਛਾਣ—ਸਾਂਝ ਪਾ। ਕੁਸਲ ਖੇਮ—ਸੁਖ-ਸਾਂਦ। ੧। ਰਹਾਉ।

ਭੇਟਿਓ—ਮਿਲਿਆ। ਬਡਭਾਗੀ—ਜਿਸ ਵੱਡੇ ਭਾਗਾਂ ਵਾਲੇ ਨੂੰ। ਸੁਘਣ—ਸੋਹਣਾ। ਸੁਜਾਨੁ—ਸਿਆਣਾ। ਦੇਇ—ਦੇ ਕੇ। ੧।

ਭੈ—[ਲਫ਼ਜ਼ 'ਭਉ' ਤੋਂ ਬਹੁ ਵਚਨ] ਸਾਰੇ ਡਰ। ਅੰਧਕਾਰ—ਹਨੇਰਾ। ਚਾਨਾਣੁ—ਚਾਨਣ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਕੁਰਬਾਣੁ—ਸਦਕੇ। ੨।

ਅਰਥ :—ਹੇ ਭਾਈ ! ਜਿਸ ਪਰਮਾਤਮਾ ਤੋਂ ਤੂੰ ਪੈਦਾ ਹੋਇਆ ਹੈਂ, ਉਸ ਨਾਲ ਹੀ (ਸਦਾ) ਸਾਂਝ ਪਾਈ ਰੱਖ। ਜਿਸ ਮਨੁੱਖ ਨੇ ਉਸ ਪਾਰਬ੍ਰਹਮ ਪਰਮੇਸਰ ਦਾ ਨਾਮ ਸਿਮਰਿਆ ਹੈ ਉਸ ਦੇ ਅੰਦਰ ਸ਼ਾਂਤੀ ਸੁਖ ਆਨੰਦ ਬਣੇ ਰਹਿੰਦੇ ਹਨ। ੧। ਰਹਾਉ।

ਹੇ ਭਾਈ ! ਜਿਨ੍ਹਾਂ ਵੱਡੇ ਭਾਗਾਂ ਵਾਲੇ ਬੰਦਿਆਂ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ,

ਉਹਨਾਂ ਨੂੰ ਹੱਥ ਦੇ ਕੇ ਆਪਣੇ ਬਣਾ ਕੇ ਉਹ ਪਰਮਾਤਮਾ (ਸਭ ਡਰਾਂ ਭਰਮਾਂ ਤੋਂ) ਬਚਾਈ ਰੱਖਦਾ ਹੈ ਜੋ ਹਰੇਕ ਦੇ ਦਿਲ ਦੀ ਜਾਨਣ ਵਾਲਾ ਹੈ, ਸੋਹਣਾ ਤੇ ਸਿਆਣਾ ਹੈ, ਜੋ ਵੱਡੀ ਤਾਕਤ ਦਾ ਮਾਲਕ ਹੈ ਅਤੇ ਜੋ ਨਿਮਾਣਿਆਂ ਨੂੰ ਆਦਰ-ਮਾਣ ਦੇਣ ਵਾਲਾ ਹੈ। ੧।

(ਹੇ ਭਾਈ ! ਜਿਹੜਾ ਮਨੁੱਖ ਪਰਮਾਤਮਾ ਦਾ ਨਾਮ ਸਿਮਰਦਾ ਹੈ, ਉਸ ਦੇ) ਸਾਰੇ ਡਰ ਭਰਮ ਖਿਨ ਵਿਚ ਨਾਸ ਹੋ ਜਾਂਦੇ ਹਨ, (ਉਸ ਦੇ ਅੰਦਰੋਂ ਮੋਹ ਦਾ) ਹਨੇਰਾ ਦੂਰ ਹੋ ਕੇ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ। ਨਾਨਕ (ਤਾਂ) ਹਰੇਕ ਸਾਹ ਦੇ ਨਾਲ (ਉਸੇ ਪਰਮਾਤਮਾ ਨੂੰ) ਸਿਮਰਦਾ ਹੈ। (ਹੇ ਭਾਈ ! ਉਸ ਪਰਮਾਤਮਾ ਤੋਂ) ਸਦਾ ਸਦਕੇ ਜਾਣਾ ਚਾਹੀਦਾ ਹੈ। ੨। ੨੧। ੧੦੭।

ਬਿਲਾਵਲੁ ਮਹਲਾ ੫ ॥ ਦੋਵੈ ਥਾਵ ਰਖੇ ਗੁਰ ਸੂਰੇ ॥ ਹਲਤ ਪਲਤ ਪਾਰਬ੍ਰਹਮਿ ਸਵਾਰੇ ਕਾਰਜ ਹੋਏ ਸਗਲੇ ਪੂਰੇ ॥ ੧ ॥ ਰਹਾਉ ॥ ਹਰਿ ਹਰਿ ਨਾਮੁ ਜਪਤ ਸੁਖ ਸਹਜੇ ਮਜਨੁ ਹੋਵਤ ਸਾਧੂ ਧੂਰੇ ॥ ਆਵਣ ਜਾਣ ਰਹੇ ਥਿਤਿ ਪਾਈ ਜਨਮ ਮਰਣ ਕੇ ਮਿਟੇ ਬਿਸੂਰੇ ॥੧॥ਭ੍ਰਮ ਭੈ ਤਰੇ ਛੁਟੇ ਭੈ ਜਮ ਕੇ ਘਟਿ ਘਟਿ ਏਕੁ ਰਹਿਆ ਭਰਪੂਰੇ ॥ ਨਾਨਕ ਸਰਣਿ ਪਰਿਓ ਦੁਖ ਭੰਜਨ ਅੰਤਰਿ ਬਾਹਰਿ ਪੇਖਿ ਹਜੂਰੇ ॥੨॥੨੨॥੧੦੮॥ [ਪੰਨਾ ੮੨੫]

ਪਦ ਅਰਥ :—ਦੋਵੈ ਥਾਵ—(ਇਹ ਲੋਕ ਅਤੇ ਪਰਲੋਕ) ਦੋਵੇ ਥਾਂ [ਲਫ਼ਜ਼ 'ਥਾਵ' ਲਫ਼ਜ਼ 'ਥਾਉ' ਤੋਂ ਬਹੁ ਵਚਨ]। ਗੁਰ ਸੂਰੇ—ਸੂਰਮੇ ਗੁਰੂ ਨੇ। ਹਲਤ—[ਅਤ੍ਰ] ਇਹ ਲੋਕ। ਪਲਤ—[ਪਰਤ੍ਰ] ਪਰਲੋਕ। ਪਾਰਬ੍ਰਹਮਿ—ਪਾਰਬ੍ਰਹਮ ਨੇ। ਸਵਾਰੇ—ਸੋਹਣੇ ਬਣਾ ਦਿੱਤੇ। ਸਗਲੇ—ਸਾਰੇ। ਪੂਰੇ—ਸਫਲ। ੧। ਰਹਾਉ।

ਜਪਤ—ਜਪਦਿਆਂ। ਸਹਜੇ—ਆਤਮਕ ਅਡੋਲਤਾ ਵਿਚ। ਮਜਨੁ—ਚੁੱਭੀ, ਇਸ਼ਨਾਨ। ਸਾਧੂ ਧੂਰੇ—ਗੁਰੂ ਦੇ ਚਰਨਾਂ ਦੀ ਧੂੜ ਵਿਚ। ਥਿਤਿ—[ਸ੍ਥਿਤਿ] ਟਿਕਾਉ। ਬਿਸੂਰੇ—ਚਿੰਤਾ-ਝੋਰੇ। ੧।

ਤਰੇ—ਪਾਰ ਲੰਘ ਗਏ। ਭੈ—[ਲਫ਼ਜ਼ 'ਭਉ' ਤੋਂ ਬਹੁ ਵਚਨ]। ਘਟਿ ਘਟਿ—ਹਰੇਕ ਸਰੀਰ ਵਿਚ। ਏਕੁ—ਇਕ ਪਰਮਾਤਮਾ ਹੀ। ਦੁਖ ਭੰਜਨ—ਦੁੱਖਾਂ ਦਾ ਨਾਸ ਕਰਨ ਵਾਲਾ। ਪੇਖਿ—ਪੇਖੇ, ਵੇਖਦਾ ਹੈ। ਹਜੂਰੇ—ਅੰਗ-ਸੰਗ। ੨।

ਅਰਥ :—(ਹੇ ਭਾਈ ! ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਜਪਦਾ ਹੈ) ਸੂਰਮਾ ਗੁਰੂ (ਉਸ ਦਾ ਇਹ ਲੋਕ ਅਤੇ ਪਰਲੋਕ) ਦੋਵੇਂ ਹੀ (ਵਿਗੜਨ ਤੋਂ) ਬਚਾ ਲੈਂਦਾ ਹੈ। ਪਰਮਾਤਮਾ ਨੇ (ਸਦਾ ਹੀ ਅਜੇਹੇ ਮਨੁੱਖ ਦੇ) ਇਹ ਲੋਕ ਅਤੇ ਪਰਲੋਕ ਸੋਹਣੇ ਬਣਾ ਦਿੱਤੇ, ਉਸ ਮਨੁੱਖ ਦੇ ਸਾਰੇ ਹੀ ਕੰਮ ਸਫਲ ਹੋ ਜਾਂਦੇ ਹਨ।

੧ । ਰਹਾਉ ।

(ਹੇ ਭਾਈ ! ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਦਿਆਂ ਆਨੰਦ ਪ੍ਰਾਪਤ ਹੁੰਦਾ ਹੈ,ਆਤਮਕ ਅਡੋਲਤਾ ਵਿਚ ਟਿਕੇ ਰਹੀਦਾ ਹੈ, ਗੁਰੂ ਦੇ ਚਰਨਾਂ ਦੀ ਧੂੜ ਵਿਚ ਇਸ਼ਨਾਨ ਪ੍ਰਾਪਤ ਹੁੰਦਾ ਹੈ, ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ, (ਪ੍ਰਭੂ-ਚਰਨਾਂ ਵਿਚ) ਟਿਕਾਉ ਪ੍ਰਾਪਤ ਹੁੰਦਾ ਹੈ, ਜਨਮ ਤੋਂ ਮਰਨ ਤਕ ਦੇ ਸਾਰੇ ਚਿੰਤਾ-ਝੋਰੇ ਮਿਟ ਜਾਂਦੇ ਹਨ । ੧ ।

ਹੇ ਨਾਨਕ ! (ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਜਪਦਾ ਹੈ, ਉਹ ਸੰਸਾਰ-ਸਮੁੰਦਰ ਦੇ ਸਾਰੇ) ਡਰਾਂ ਭਰਮਾਂ ਤੋਂ ਪਾਰ ਲੰਘ ਜਾਂਦਾ ਹੈ, ਜਮਦੂਤਾਂ ਬਾਰੇ ਭੀ ਉਸ ਦੇ ਸਾਰੇ ਡਰ ਮੁੱਕ ਜਾਂਦੇ ਹਨ, ਉਸ ਮਨੁੱਖ ਨੂੰ ਪਰਮਾਤਮਾ ਹਰੇਕ ਸਰੀਰ ਵਿਚ ਵਿਆਪਕ ਦਿੱਸਦਾ ਹੈ, ਉਹ ਮਨੁੱਖ ਸਾਰੇ ਦੁੱਖਾਂ ਦੇ ਨਾਸ ਕਰਨ ਵਾਲੇ ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਅਤੇ ਅੰਦਰ ਬਾਹਰ ਹਰ ਥਾਂ ਪ੍ਰਭੂ ਨੂੰ ਆਪਣੇ ਅੰਗ-ਸੰਗ ਵੱਸਦਾ ਵੇਖਦਾ ਹੈ । ੨ । ੨੨ । ੧੦੮ ।

ਬਿਲਾਵਲੁ ਮਹਲਾ ੫ ।। ਦਰਸਨੁ ਦੇਖਤ ਦੋਖ ਨਸੇ ॥ ਕਬਹੁ ਨ ਹੋਵਹੁ ਦ੍ਰਿਸਟਿ ਅਗੋਚਰ ਜੀਅ ਕੈ ਸੰਗਿ ਬਸੇ ।।੧।।ਰਹਾਉ।। ਪ੍ਰੀਤਮ ਪ੍ਰਾਨ ਅਧਾਰ ਸੁਆਮੀ ॥ ਪੂਰਿ ਰਹੇ ਪ੍ਰਭ ਅੰਤਰਜਾਮੀ ॥ ੧ ॥ ਕਿਆ ਗੁਣ ਤੇਰੇ ਸਾਰਿ ਸਮ੍ਹਾਰੀ ।। ਸਾਸਿ ਸਾਸਿ ਪ੍ਰਭ ਤੁਝਹਿ ਚਿਤਾਰੀ ।। ੨ ।। ਕਿਰਪਾ ਨਿਧਿ ਪ੍ਰਭ ਦੀਨ ਦਇਆਲਾ ।। ਜੀਅ ਜੰਤ ਕੀ ਕਰਹੁ ਪ੍ਰਤਿਪਾਲਾ ॥ ੩॥ ਆਠ ਪਹਰ ਤੇਰਾ ਨਾਮੁ ਜਨੁ ਜਾਪੇ ।। ਨਾਨਕ ਪ੍ਰੀਤਿ ਲਾਈ ਪ੍ਰਭਿ ਆਪੇ॥ ੪।।੨੩।।੧੦੯।। [ਪੰਨਾ ੮੨੬]

ਪਦ ਅਰਥ :—ਦੋਖ—(ਸਾਰੇ) ਐਬ, ਵਿਕਾਰ । ਦ੍ਰਿਸਟਿ ਅਗੋਚਰ—ਨਜ਼ਰ ਦੀ ਪਹੁੰਚ ਤੋਂ ਪਰੇ, ਨਜ਼ਰੋਂ ਉਹਲੇ । ਜੀਅ ਕੈ ਸੰਗਿ—ਜਿੰਦ ਦੇ ਨਾਲ । ਬਸੇ—ਬਸੇ ਰਹੋ । ੧ । ਰਹਾਉ ।

ਪ੍ਰਾਨ ਅਧਾਰ—ਜਿੰਦ ਦਾ ਆਸਰਾ । ਪੂਰਿ ਰਹੇ—ਹਰ ਥਾਂ ਮੌਜੂਦ । ਪ੍ਰਭ—ਹੇ ਪ੍ਰਭੂ! ਅੰਤਰਜਾਮੀ—ਹਰੇਕ ਦੇ ਦਿਲ ਦੀ ਜਾਣਨ ਵਾਲਾ । ੧ ।

ਸਾਰਿ—ਚੇਤੇ ਕਰ ਕੇ । ਸਮ੍ਹਾਰੀ—ਸਮ੍ਹਾਰੀਂ, ਮੈਂ ਸੰਭਾਲਾਂ, ਮੈਂ ਹਿਰਦੇ ਵਿਚ ਵਸਾਵਾਂ । ਸਾਸਿ ਸਾਸਿ—ਹਰੇਕ ਸਾਹ ਦੇ ਨਾਲ । ਚਿਤਾਰੀ—ਚਿਤਾਰੀਂ, ਮੈਂ ਚੇਤੇ ਕਰਦਾ ਰਹਾਂ । ੨ ।

ਕਿਰਪਾ ਨਿਧਿ—ਹੇ ਕਿਰਪਾ ਦੇ ਖ਼ਜ਼ਾਨੇ ! ਪ੍ਰਤਿਪਾਲਾ—ਪਾਲਣਾ । ੩ ।

ਜਨੁ—ਦਾਸ, ਸੇਵਕ। ਪ੍ਰਭਿ—ਪ੍ਰਭੂ ਨੇ। ਆਪੇ—ਆਪ ਹੀ। ੪।

ਅਰਥ :—(ਹੇ ਪ੍ਰਭੂ! ਤੇਰਾ) ਦਰਸ਼ਨ ਕਰਦਿਆਂ (ਜੀਵਾਂ ਦੇ) ਸਾਰੇ ਵਿਕਾਰ ਦੂਰ ਹੋ ਜਾਂਦੇ ਹਨ। (ਹੇ ਪ੍ਰਭੂ! ਮੇਹਰ ਕਰ) ਕਦੇ ਭੀ ਮੇਰੀ ਨਜ਼ਰ ਤੋਂ ਉਹਲੇ ਨਾਂਹ ਹੋ, ਸਦਾ ਮੇਰੀ ਜਿੰਦ ਦੇ ਨਾਲ ਵੱਸਦਾ ਰਹੁ। ੧। ਰਹਾਉ।

ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਜੀਵਾਂ ਦੀ ਜਿੰਦ ਦੇ ਆਸਰੇ! ਹੇ ਸੁਆਮੀ! ਤੂੰ ਸਭ ਦੇ ਦਿਲ ਦੀ ਜਾਣਨ ਵਾਲਾ ਹੈਂ ਅਤੇ ਸਭ ਵਿਚ ਵਿਆਪਕ ਹੈਂ। ੧।

(ਹੇ ਪ੍ਰਭੂ! ਤੂੰ ਬੇਅੰਤ ਗੁਣਾਂ ਦਾ ਮਾਲਕ ਹੈਂ) ਮੈਂ ਤੇਰੇ ਕੇਹੜੇ ਕੇਹੜੇ ਗੁਣ ਚੇਤੇ ਕਰ ਕੇ ਆਪਣੇ ਹਿਰਦੇ ਵਿਚ ਵਸਾਵਾਂ? ਹੇ ਪ੍ਰਭੂ! (ਕਿਰਪਾ ਕਰ) ਮੈਂ ਆਪਣੇ ਹਰੇਕ ਸਾਹ ਦੇ ਨਾਲ ਤੈਨੂੰ ਹੀ ਯਾਦ ਕਰਦਾ ਰਹਾਂ। ੨।

ਹੇ ਕਿਰਪਾ ਦੇ ਖ਼ਜ਼ਾਨੇ! ਹੇ ਗਰੀਬਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਸਾਰੇ ਜੀਵਾਂ ਦੀ ਤੂੰ ਆਪ ਹੀ ਪਾਲਣਾ ਕਰਦਾ ਹੈਂ। ੩।

ਹੇ ਪ੍ਰਭੂ! ਤੇਰਾ ਸੇਵਕ ਅੱਠੇ ਪਹਿਰ ਤੇਰਾ ਨਾਮ ਜਪਦਾ ਰਹਿੰਦਾ ਹੈ। (ਪਰ) ਹੇ ਨਾਨਕ! (ਉਹੀ ਮਨੁੱਖ ਸਦਾ ਨਾਮ ਜਪਦਾ ਹੈ, ਜਿਸ ਨੂੰ) ਪ੍ਰਭੂ ਨੇ ਆਪ ਹੀ ਇਹ ਲਗਨ ਲਾਈ ਹੈ। ੪। ੨੩। ੧੦੯।

ਬਿਲਾਵਲੁ ਮਹਲਾ ੫॥ ਤਨੁ ਧਨੁ ਜੋਬਨੁ ਚਲਤ ਗਇਆ॥ ਰਾਮ ਨਾਮ ਕਾ ਭਜਨੁ ਨ ਕੀਨੋ ਕਰਤ ਬਿਕਾਰ ਨਿਸਿ ਭੋਰੁ ਭਇਆ॥ ੧॥ ਰਹਾਉ॥ਅਨਿਕ ਪ੍ਰਕਾਰ ਭੋਜਨ ਨਿਤ ਖਾਤੇ ਮੁਖ ਦੰਤਾ ਘਸਿ ਖੀਨ ਖਇਆ॥ ਮੇਰੀ ਮੇਰੀ ਕਰਿ ਕਰਿ ਮੂਠਉ ਪਾਪ ਕਰਤ ਨਹ ਪਰੀ ਦਇਆ॥ ੧॥ ਮਹਾ ਬਿਕਾਰ ਘੋਰ ਦੁਖ ਸਾਗਰ ਤਿਸੁ ਮਹਿ ਪ੍ਰਾਣੀ ਗਲਤੁ ਪਇਆ॥ ਸਰਨਿ ਪਰੇ ਨਾਨਕ ਸੁਆਮੀ ਕੀ ਬਾਹ ਪਕਰਿ ਪ੍ਰਭਿ ਕਾਢਿ ਲਇਆ॥ ੨॥ ੨੪॥ ੧੧੦॥ [ਪੰਨਾ ੮੨੬]

ਪਦ ਅਰਥ :—ਜੋਬਨੁ—ਜਵਾਨੀ। ਚਲਤ ਗਇਆ—ਸਹਜੇ ਸਹਜੇ ਸਾਥ ਛੱਡਦਾ ਜਾਂਦਾ ਹੈ। ਕਰਤ—ਕਰਦਿਆਂ। ਬਿਕਾਰ—ਮਾੜੇ ਕੰਮ। ਨਿਸਿ—ਰਾਤ (ਕਾਲੇ ਕੇਸਾਂ ਵਾਲੀ ਉਮਰ)। ਭੋਰੁ—(ਚਿੱਟਾ) ਦਿਨ (ਧੌਲਿਆਂ ਵਾਲੀ ਉਮਰ)। ੧। ਰਹਾਉ।

ਅਨਿਕ ਪ੍ਰਕਾਰ—ਕਈ ਕਿਸਮਾਂ ਦੇ। ਭੋਜਨ—ਖਾਣੇ। ਖਾਤੇ—ਖਾਂਦਿਆਂ। ਘਸਿ—ਘਸ ਕੇ। ਖੀਨ—ਕਮਜ਼ੋਰ। ਖਇਆ—ਨਾਸ ਹੋ ਜਾਂਦੇ ਹਨ। ਮੂਠਉ—ਠੱਗਿਆ ਜਾਂਦਾ ਹੈ। ੧।

ਘੋਰ ਦੁਖ—ਭਾਰੇ ਦੁੱਖ। ਸਾਗਰ—ਸਮੁੰਦਰ। ਤਿਸੁ ਮਹਿ—ਉਸ (ਸਾਗਰ) ਵਿਚ।

ਗਲਤੁ ਪਇਆ–ਗ਼ਲਤਾਨ ਹੋਇਆ ਰਹਿੰਦਾ ਹੈ, ਡੁੱਬਿਆ ਰਹਿੰਦਾ ਹੈ। ਪਕਰਿ–ਫੜ ਕੇ। ਪ੍ਰਭਿ–ਪ੍ਰਭੂ ਨੇ। ੨।

ਅਰਥ :–(ਹੇ ਭਾਈ ! ਮਨੁੱਖ ਦਾ ਇਹ) ਸਰੀਰ, ਧਨ, ਜਵਾਨੀ (ਹਰੇਕ ਹੀ) ਸਹਜੇ ਸਹਜੇ (ਮਨੁੱਖ ਦਾ)ਸਾਥ ਛੱਡਦਾ ਜਾਂਦਾ ਹੈ, (ਪਰ ਇਹਨਾਂ ਦੇ ਮੋਹ ਵਿਚ ਫਸਿਆ ਹੋਇਆ ਮਨੁੱਖ) ਪਰਮਾਤਮਾ ਦੇ ਨਾਮ ਦਾ ਭਜਨ ਨਹੀਂ ਕਰਦਾ, ਮਾੜੇ ਕੰਮ ਕਰਦਿਆਂ ਕਰਦਿਆਂ ਕਾਲੇ ਕੇਸਾਂ ਵਾਲੀ ਉਮਰ ਤੋਂ ਧੌਲਿਆਂ ਵਾਲੀ ਉਮਰ ਆ ਜਾਂਦੀ ਹੈ। ੧। ਰਹਾਉ।

ਹੇ ਭਾਈ ! ਕਈ ਕਿਸਮਾਂ ਦੇ ਖਾਣੇ ਨਿੱਤ ਖਾਂਦਿਆਂ ਮੂੰਹ ਦੇ ਦੰਦ ਭੀ ਘਸ ਕੇ ਕਮਜ਼ੋਰ ਹੋ ਜਾਂਦੇ ਹਨ, ਤੇ ਆਖ਼ਰ ਡਿੱਗ ਪੈਂਦੇ ਹਨ। ਮਮਤਾ ਦੇ ਪੰਜੇ ਵਿਚ ਫਸ ਕੇ ਮਨੁੱਖ (ਆਤਮਕ ਜੀਵਨ ਦੀ ਰਾਸਿ ਪੂੰਜੀ) ਲੁਟਾ ਲੈਂਦਾ ਹੈ, ਮਾੜੇ ਕੰਮ ਕਰਦਿਆਂ ਇਸ ਦੇ ਅੰਦਰ ਦਇਆ-ਤਰਸ ਦਾ ਨਿਵਾਸ ਨਹੀਂ ਹੁੰਦਾ। ੧।

(ਹੇ ਭਾਈ ! ਇਹ ਸੰਸਾਰ) ਵੱਡੇ ਵਿਕਾਰਾਂ ਅਤੇ ਭਾਰੇ ਦੁੱਖਾਂ ਦਾ ਸਮੁੰਦਰ ਹੈ (ਭਜਨ ਤੋਂ ਖੁੰਝਿਆ ਹੋਇਆ) ਮਨੁੱਖ ਇਸ (ਸਮੁੰਦਰ) ਵਿਚ ਡੁੱਬਿਆ ਰਹਿੰਦਾ ਹੈ। ਹੇ ਨਾਨਕ ! ਜੇਹੜੇ ਮਨੁੱਖ ਮਾਲਕ-ਪ੍ਰਭੂ ਦੀ ਸਰਨ ਆ ਪਏ, ਉਹਨਾਂ ਨੂੰ ਪ੍ਰਭੂ ਨੇ ਬਾਂਹ ਫੜ ਕੇ (ਇਸ ਸਮੁੰਦਰ ਵਿਚੋਂ) ਕੱਢ ਲਿਆ, (ਇਹ ਉਸ ਦਾ ਮੁੱਢ-ਕਦੀਮਾਂ ਦਾ ਸੁਭਾਉ ਹੈ)। ੨। ੨੪। ੧੧੦।

ਬਿਲਾਵਲੁ ਮਹਲਾ ੫ ॥ ਆਪਨਾ ਪ੍ਰਭੁ ਆਇਆ ਚੀਤਿ ॥ ਦੁਸਮਨ ਦੁਸਟ ਰਹੇ ਝਖ ਮਾਰਤ ਕੁਸਲੁ ਭਇਆ ਮੇਰੇ ਭਾਈ ਮੀਤ ॥ ੧ ॥ ਰਹਾਉ ॥ ਗਈ ਬਿਆਧਿ ਉਪਾਧਿ ਸਭ ਨਾਸੀ ਅੰਗੀਕਾਰੁ ਕੀਓ ਕਰਤਾਰਿ ॥ ਸਾਂਤਿ ਸੂਖ ਅਰੁ ਅਨਦ ਘਨੇਰੇ ਪ੍ਰੀਤਮ ਨਾਮੁ ਰਿਦੈ ਉਰਹਾਰਿ ॥ ੧ ॥ ਜੀਉ ਪਿੰਡੁ ਧਨੁ ਰਾਸਿ ਪ੍ਰਭ ਤੇਰੀ ਤੂੰ ਸਮਰਥੁ ਸੁਆਮੀ ਮੇਰਾ ॥ ਦਾਸ ਅਪੁਨੇ ਕਉ ਰਾਖਨਹਾਰਾ ਨਾਨਕ ਦਾਸ ਸਦਾ ਹੈ ਚੇਰਾ ॥ ੨ ॥ ੨੫ ॥ ੧੧੧ ॥ [ਪੰਨਾ ੮੨੬]

ਪਦ ਅਰਥ :–ਚੀਤਿ–ਚਿੱਤ ਵਿਚ। ਦੁਸਟ–ਭੈੜੇ ਬੰਦੇ। ਰਹੇ ਝਖ ਮਾਰਤ–ਝਖਾਂ ਮਾਰਦੇ ਰਹਿ ਗਏ,ਨੁਕਸਾਨ ਅਪੜਾਨ ਦਾ ਜਤਨ ਕਰ ਕਰ ਕੇ ਥੱਕ ਗਏ। ਕੁਸਲੁ–ਸੁਖ। ਭਾਈ–ਹੇ ਵੀਰ ! ਮੀਤ–ਹੇ ਮਿੱਤਰ ! ੧। ਰਹਾਉ।

ਬਿਆਧਿ–ਸਰੀਰਕ ਰੋਗ। ਉਪਾਧਿ–ਠੱਗੀ, ਫ਼ਰੇਬ, ਧੋਖਾ। ਅੰਗੀਕਾਰੁ–ਸਹਾਇਤਾ, ਪੱਖ। ਕਰਤਾਰਿ–ਕਰਤਾਰ ਨੇ। ਅਰੁ–ਅਤੇ। ਘਨੇਰੇ–ਅਨੇਕਾਂ। ਰਿਦੈ–

ਹਿਰਦੇ ਵਿਚ। ਉਰਹਾਰਿ—ਉਰਧਾਰਿ, ਹਿਰਦੇ ਵਿਚ ਵਸਾ ਕੇ। ਉਰ—ਹਿਰਦਾ।੧।

ਜੀਉ—ਜਿੰਦ। ਪਿੰਡੁ—ਸਰੀਰ। ਰਾਸਿ—ਪੂੰਜੀ, ਸਰਮਾਇਆ। ਪ੍ਰਭ—ਹੇ ਪ੍ਰਭੂ! ਸਮਰਥੁ—ਸਾਰੀਆਂ ਤਾਕਤਾਂ ਦਾ ਮਾਲਕ। ਕਉ—ਨੂੰ। ਰਾਖਨਹਾਰਾ—ਬਚਾਣ ਵਾਲਾ। ਚੇਰਾ—ਗ਼ੁਲਾਮ।੨।

ਅਰਥ :—ਹੇ ਮੇਰੇ ਵੀਰ! ਹੇ ਮੇਰੇ ਮਿੱਤਰ! ਜਿਸ ਮਨੁੱਖ ਦੇ ਚਿੱਤ ਵਿਚ ਪਿਆਰਾ ਪ੍ਰਭੂ ਆ ਵੱਸਦਾ ਹੈ, ਭੈੜੇ ਬੰਦੇ ਅਤੇ ਵੈਰੀ ਉਸ ਨੂੰ ਨੁਕਸਾਨ ਅਪੜਾਣ ਦੇ ਜਤਨ ਕਰਦੇ ਥੱਕ ਜਾਂਦੇ ਹਨ (ਉਸਦਾ ਕੁਝ ਭੀ ਵਿਗਾੜ ਨਹੀਂ ਸਕਦੇ, ਉਸ ਦੇ ਹਿਰਦੇ ਵਿਚ ਸਦਾ) ਆਨੰਦ ਬਣਿਆ ਰਹਿੰਦਾ ਹੈ।੧। ਰਹਾਉ।

ਹੇ ਮਿੱਤਰ! ਕਰਤਾਰ ਨੇ (ਜਦੋਂ ਭੀ ਕਿਸੇ ਦੀ) ਸਹਾਇਤਾ ਕੀਤੀ, ਉਸ ਦਾ ਹਰੇਕ ਰੋਗ ਦੂਰ ਹੋ ਗਿਆ, (ਉਸ ਨਾਲ ਕਿਸੇ ਦਾ ਭੀ ਕੀਤਾ ਹੋਇਆ) ਕੋਈ ਛਲ ਕਾਮਯਾਬ ਨਾਂਹ ਹੋਇਆ। ਪ੍ਰੀਤਮ ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾਣ ਦੀ ਬਰਕਤ ਨਾਲ ਉਸ ਮਨੁੱਖ ਦੇ ਅੰਦਰ ਸ਼ਾਂਤੀ ਸੁਖ ਅਤੇ ਅਨੇਕਾਂ ਆਨੰਦ ਪੈਦਾ ਹੋ ਗਏ।੧।

ਹੇ ਪ੍ਰਭੂ! ਮੇਰੀ ਇਹ ਜਿੰਦ, ਮੇਰਾ ਇਹ ਸਰੀਰ, ਮੇਰਾ ਇਹ ਧਨ—ਸਭ ਕੁਝ ਤੇਰਾ ਦਿੱਤਾ ਸਰਮਾਇਆ ਹੈ। ਤੂ ਮੇਰਾ ਸੁਆਮੀ ਸਭ ਤਾਕਤਾਂ ਦਾ ਮਾਲਕ ਹੈਂ। ਤੂੰ ਆਪਣੇ ਸੇਵਕ ਨੂੰ(ਉਪਾਧੀਆਂ ਵਿਆਧੀਆਂ ਤੋਂ ਸਦਾ)ਬਚਾਣ ਵਾਲਾ ਹੈਂ। ਹੇ ਨਾਨਕ! (ਆਖ—ਹੇ ਪ੍ਰਭੂ!) ਮੈਂ ਭੀ ਤੇਰਾ ਹੀ ਦਾਸ ਹਾਂ, ਤੇਰਾ ਹੀ ਗ਼ੁਲਾਮ ਹਾਂ(ਮੈਨੂੰ ਤੇਰਾ ਹੀ ਭਰੋਸਾ ਹੈ)।੨।੨੫।੧੧੧।

ਬਿਲਾਵਲੁ ਮਹਲਾ ੫ ॥ ਗੋਬਿਦੁ ਸਿਮਰਿ ਹੋਆ ਕਲਿਆਣੁ ॥ ਮਿਟੀ ਉਪਾਧਿ ਭਇਆ ਸੁਖੁ ਸਾਚਾ ਅੰਤਰਜਾਮੀ ਸਿਮਰਿਆ ਜਾਣੁ ॥੧॥ ਰਹਾਉ ॥ ਜਿਸ ਕੇ ਜੀਅ ਤਿਨਿ ਕੀਏ ਸੁਖਾਲੇ ਭਗਤ ਜਨਾ ਕਉ ਸਾਚਾ ਤਾਣੁ ॥ ਦਾਸ ਅਪੁਨੇ ਕੀ ਆਪੇ ਰਾਖੀ ਭੈ ਭੰਜਨ ਊਪਰਿ ਕਰਤੇ ਮਾਣੁ ॥੧॥ ਭਈ ਮਿਤ੍ਰਾਈ ਮਿਟੀ ਬੁਰਾਈ ਦ੍ਰੁਸਟ ਦੂਤ ਹਰਿ ਕਾਢੇ ਛਾਣਿ ॥ ਸੂਖ ਸਹਜ ਆਨੰਦ ਘਨੇਰੇ ਨਾਨਕ ਜੀਵੈ ਹਰਿ ਗੁਣਹ ਵਖਾਣਿ ॥ ੨ ॥ ੨੬ ॥ ੧੧੨ ॥

[ਪੰਨਾ ੮੨੧]

ਪਦ ਅਰਥ :—ਸਿਮਰਿ—ਸਿਮਰ ਕੇ। ਕਲਿਆਣੁ—ਸੁਖ। ਉਪਾਧਿ—ਛਲ, ਧੋਖਾ। ਮਿਟੀ ਉਪਾਧਿ—ਕਿਸੇ ਦੀ ਕੀਤੀ ਚੋਟ ਸਫਲ ਨਹੀਂ ਹੁੰਦੀ। ਸਾਚਾ—ਸਦਾ ਕਾਇਮ ਰਹਿਣ ਵਾਲਾ। ਜਾਣੁ—ਸੁਜਾਨ।੧। ਰਹਾਉ।

ਜੀਅ—[ਲਫ਼ਜ਼ 'ਜੀਵ' ਤੋਂ ਬਹੁ ਵਚਨ]। ਤਿਨਿ—ਉਸ (ਪ੍ਰਭੂ) ਨੇ। ਸੁਖਾਲੇ—ਸੁਖੀ। ਕਉ—ਨੂੰ। ਤਾਣੁ—ਸਹਾਰਾ। ਭੈ ਭੰਜਨ—ਸਾਰੇ ਡਰ ਦੂਰ ਕਰ ਸਕਣ ਵਾਲਾ।

ਕਰਤੇ—ਕਰਦੇ ਹਨ। ਮਾਣੁ—ਫ਼ਖ਼ਰ, ਭਰੋਸਾ। ੧।

ਮਿਤ੍ਰਾਈ—ਮਿਤ੍ਰਤਾ, ਪਿਆਰ ਦੀ ਸਾਂਝ। ਬੁਰਾਈ—ਭੈੜੀ ਚਿਤਵਨੀ। ਦੁਸਟ—ਦੁਸ਼ਟ, ਮੰਦਾ ਚਿਤਵਨ ਵਾਲੇ। ਦੂਤ—ਵੈਰੀ। ਛਾਨਿ—ਚੁਣ ਕੇ। ਸਹਜ—ਆਤਮਕ ਅਡੋਲਤਾ, ਸ਼ਾਂਤੀ। ਜੀਵੈ—ਜੀਊਂਦਾ ਹੈ, ਆਤਮਕ ਜੀਵਨ ਪ੍ਰਾਪਤ ਕਰਦਾ ਹੈ। ਗੁਣਹ ਵਖਾਣਿ—(ਪ੍ਰਭੂ ਦੇ) ਗੁਣ ਉਚਾਰ ਕੇ। ੨।

ਅਰਥ :—ਹੇ ਭਾਈ! ਜਿਸ ਭੀ ਮਨੁੱਖ ਨੇ ਹਰੇਕ ਦੇ ਦਿਲ ਦੀ ਜਾਣਨ ਵਾਲੇ ਸੁਜਾਨ ਪ੍ਰਭੂ ਦਾ ਨਾਮ ਸਿਮਰਿਆ, ਉਸ ਉਤੇ ਕਿਸੇ ਦੀ ਚੋਟ ਕਾਰਗਰ ਨਾਂਹ ਹੋ ਸਕੀ, ਉਸ ਦੇ ਅੰਦਰ ਸਦਾ ਕਾਇਮ ਰਹਿਣ ਵਾਲਾ ਸੁਖ ਪੈਦਾ ਹੋ ਗਿਆ। ਗੋਬਿੰਦ ਦਾ ਨਾਮ ਸਿਮਰ ਕੇ (ਉਸ ਦੇ ਅੰਦਰ) ਸੁਖ ਹੀ ਸੁਖ ਬਣ ਗਿਆ। ੧। ਰਹਾਉ।

ਹੇ ਭਾਈ! ਜਿਸ ਪ੍ਰਭੂ ਦੇ ਇਹ ਸਾਰੇ ਜੀਅ ਜੰਤ ਹਨ (ਇਹਨਾਂ ਨੂੰ) ਸੁਖੀ ਭੀ ਉਸ ਨੇ ਆਪ ਹੀ ਕੀਤਾ ਹੈ (ਸੁਖੀ ਕਰਨ ਵਾਲਾ ਭੀ ਆਪ ਹੀ ਹੈ)। ਪ੍ਰਭੂ ਦੀ ਭਗਤੀ ਕਰਨ ਵਾਲਿਆਂ ਨੂੰ ਇਹੀ ਸਦਾ ਕਾਇਮ ਰਹਿਣ ਵਾਲਾ ਸਹਾਰਾ ਹੈ। ਹੇ ਭਾਈ! ਪ੍ਰਭੂ ਆਪਣੇ ਸੇਵਕਾਂ ਦੀ ਇੱਜ਼ਤ ਆਪ ਹੀ ਰੱਖਦਾ ਹੈ। ਭਗਤ ਉਸ ਪ੍ਰਭੂ ਉਤੇ ਹੀ ਭਰੋਸਾ ਰੱਖਦੇ ਹਨ, ਜੋ ਸਾਰੇ ਡਰਾਂ ਦਾ ਨਾਸ ਕਰਨ ਵਾਲਾ ਹੈ। ੧।

(ਹੇ ਭਾਈ! ਜੇਹੜਾ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਪ੍ਰਭੂ ਉਸ ਦਾ) ਬੁਰਾ ਚਿਤਵਨ ਵਾਲੇ ਵੈਰੀਆਂ ਨੂੰ ਚੁਣ ਕੇ ਕੱਢ ਦੇਂਦਾ ਹੈ (ਉਹਨਾਂ ਦੀ ਸਗੋਂ ਸੇਵਕ ਨਾਲ) ਪਿਆਰ ਦੀ ਸਾਂਝ ਬਣ ਜਾਂਦੀ ਹੈ (ਉਹਨਾਂ ਦੇ ਅੰਦਰੋਂ ਉਸ ਸੇਵਕ ਵਾਸਤੇ) ਵੈਰ ਭਾਵ ਮਿਟ ਜਾਂਦਾ ਹੈ। ਹੇ ਨਾਨਕ! ਸੇਵਕ ਦੇ ਹਿਰਦੇ ਵਿਚ ਸੁਖ ਆਤਮਕ ਅਡੋਲਤਾ ਅਤੇ ਬਹੁਤ ਆਨੰਦ ਬਣੇ ਰਹਿੰਦੇ ਹਨ। ਸੇਵਕ ਪਰਮਾਤਮਾ ਦੇ ਗੁਣ ਉਚਾਰ ਉਚਾਰ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਰਹਿੰਦਾ ਹੈ। ੨। ੨੬। ੧੧੨।

ਬਿਲਾਵਲੁ ਮਹਲਾ ੫ ॥ ਪਾਰਬ੍ਰਹਮ ਪ੍ਰਭ ਭਏ ਕ੍ਰਿਪਾਲ ॥ ਕਾਰਜ ਸਗਲ ਸਵਾਰੇ ਸਤਿਗੁਰ ਜਪਿ ਜਪਿ ਸਾਧੂ ਭਏ ਨਿਹਾਲ ॥ ੧ ॥ ਰਹਾਉ ॥ ਅੰਗੀਕਾਰੁ ਕੀਆ ਪ੍ਰਭਿ ਅਪਨੈ ਦੋਖੀ ਸਗਲੇ ਭਏ ਰਵਾਲ ॥ ਕੰਠਿ ਲਾਇ ਰਾਖੇ ਜਨ ਅਪਨੇ ਉਧਰਿ ਲੀਏ ਲਾਇ ਅਪਨੈ ਪਾਲ ॥੧॥ ਸਹੀ ਸਲਾਮਤਿ ਮਿਲਿ ਘਰਿ ਆਏ ਨਿੰਦਕ ਕੇ ਮੁਖ ਹੋਏ ਕਾਲ ॥ ਕਹੁ ਨਾਨਕ ਮੇਰਾ ਸਤਿਗੁਰੁ ਪੂਰਾ ਗੁਰ ਪ੍ਰਸਾਦਿ ਪ੍ਰਭ ਭਏ ਨਿਹਾਲ ॥ ੨ ॥ ੨੭ ॥ ੧੧੩ ॥
[ਪੰਨਾ ੮੨੬]

ਪਦ ਅਰਥ :—ਕ੍ਰਿਪਾਲ—[ਕ੍ਰਿਪਾ-ਆਲਯ] ਦਇਆਵਾਨ। ਸਗਲ—ਸਾਰੇ। ਜਪਿ—ਜਪ ਕੇ। ਜਪਿ ਸਾਧੂ—ਗੁਰੂ ਦਾ ਆਸਰਾ ਹਰ ਵੇਲੇ ਚਿਤਾਰ ਕੇ। ਸਾਧੂ—ਗੁਰੂ ਨਿਹਾਲ

—ਖ਼ੁਸ਼, ਆਨੰਦ-ਭਰਪੂਰ । ੧ । ਰਹਾਉ ।

ਅੰਗੀਕਾਰੁ—ਪੱਖ । ਪ੍ਰਭਿ—ਪ੍ਰਭੂ ਨੇ । ਦੋਖੀ—ਵੈਰੀ। ਰਵਾਲ—ਧੂੜ,ਮਿੱਟੀ । ਕੰਠਿ—ਗਲ ਨਾਲ । ਲਾਇ—ਲਾ ਕੇ । ਜਨ—ਸੇਵਕ । ਉਧਰਿ ਲੀਏ—ਬਚਾ ਲਏ । ਪਾਲ—ਪੱਲੇ। ੧ ।

ਸਹੀ ਸਲਾਮਤਿ—ਆਤਮਕ ਜੀਵਨ ਦੀ ਸਾਰੀ ਰਾਸ-ਪੂੰਜੀ ਸਮੇਤ । ਮਿਲਿ—(ਗੁਰੂ ਨੂੰ)ਮਿਲ ਕੇ । ਘਰਿ—ਹਿਰਦੇ-ਘਰ ਵਿਚ। ਕਾਲ—ਕਾਲੇ । ਗੁਰਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ੨ ।

ਅਰਥ :—ਹੇ ਭਾਈ ! ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦਇਆਵਾਨ ਹੁੰਦਾ ਹੈ, ਗੁਰੂ ਉਹਨਾਂ ਦੇ ਸਾਰੇ ਕੰਮ ਸਿਰੇ ਚਾੜ੍ਹ ਦੇਂਦਾ ਹੈ । ਉਹ ਮਨੁੱਖ ਗੁਰੂ ਦੀ ਓਟ ਹਰ ਵੇਲੇ ਚਿਤਾਰ ਕੇ ਸਦਾ ਪ੍ਰਸੰਨ ਰਹਿੰਦੇ ਹਨ । ੧ । ਰਹਾਉ ।

ਹੇ ਭਾਈ ! ਪ੍ਰਭੂ ਨੇ (ਜਿਨ੍ਹਾਂ ਆਪਣੇ ਸੇਵਕਾਂ ਦੀ) ਸਹਾਇਤਾ ਕੀਤੀ, ਉਹਨਾਂ ਦੇ ਸਾਰੇ ਵੈਰੀ ਨਾਸ ਹੋ ਗਏ (ਵੈਰ-ਭਾਵ ਚਿਤਵਨੋਂ ਹਟ ਗਏ) । ਪ੍ਰਭੂ ਨੇ ਆਪਣੇ ਸੇਵਕਾਂ ਨੂੰ (ਸਦਾ) ਆਪਣੇ ਗਲ ਨਾਲ ਲਾ ਕੇ (ਉਹਨਾਂ ਦੀ) ਸਹਾਇਤਾ ਕੀਤੀ, ਉਹਨਾਂ ਨੂੰ ਆਪਣੇ ਲੜ ਲਾ ਕੇ (ਦੋਖੀਆਂ ਤੋਂ) ਬਚਾਇਆ । ੧ ।

ਹੇ ਭਾਈ ! (ਪ੍ਰਭੂ ਦੇ ਸੇਵਕ ਗੁਰੂ-ਚਰਨਾਂ ਵਿਚ) ਮਿਲ ਕੇ ਆਤਮਕ ਜੀਵਨ ਦੀ ਸਾਰੀ ਰਾਸ-ਪੂੰਜੀ ਸਮੇਤ ਹਿਰਦੇ-ਘਰ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦੀ ਨਿੰਦਾ ਕਰਨ ਵਾਲੇ ਮਨੁੱਖ ਬਦਨਾਮੀ ਖੱਟਦੇ ਹਨ। ਹੇ ਨਾਨਕ ! ਆਖ—ਮੇਰਾ ਗੁਰੂ ਸਾਰੀ ਸਮਰਥਾ ਵਾਲਾ ਹੈ, (ਗੁਰੂ ਦੇ ਦਰ ਤੇ ਆਏ ਵਡ-ਭਾਗੀਆਂ ਉਤੇ) ਗੁਰੂ ਦੀ ਕਿਰਪਾ ਨਾਲ ਪਰਮਾਤਮਾ ਖ਼ੁਸ਼ ਰਹਿੰਦਾ ਹੈ । ੨ । ੨੭ । ੧੧੩ ।

ਬਿਲਾਵਲੁ ਮਹਲਾ ੫ ॥ ਮੂ ਲਾਲਨ ਸਿਉ ਪ੍ਰੀਤਿ ਬਨੀ॥ਰਹਾਉ॥ ਤੋਰੀ ਨ ਤੂਟੈ ਛੋਰੀ ਨ ਛੂਟੈ ਐਸੀ ਮਾਧੋ ਖਿੰਚ ਤਨੀ ॥੧॥ ਦਿਨਸੁ ਰੈਨਿ ਮਨ ਮਾਹਿ ਬਸਤੁ ਹੈ ਤੂ ਕਰਿ ਕਿਰਪਾ ਪ੍ਰਭ ਅਪਨੀ ॥੨॥ ਬਲਿ ਬਲਿ ਜਾਉ ਸਿਆਮ ਸੁੰਦਰ ਕਉ ਅਕਥ ਕਥਾ ਜਾ ਕੀ ਬਾਤ ਸੁਨੀ ॥ ੩ ॥ ਜਨ ਨਾਨਕ ਦਾਸਨਿ ਦਾਸੁ ਕਹੀਅਤ ਹੈ ਕਰਹੁ ਕ੍ਰਿਪਾ ਠਾਕੁਰ ਅਪੁਨੀ ॥ ੪ ॥੨੮॥੧੧੪॥ [ਪੰਨਾ ੮੨੭]

ਪਦ ਅਰਥ :—ਮੂ ਪ੍ਰੀਤਿ—ਮੇਰੀ ਪ੍ਰੀਤ । ਲਾਲਨ ਸਿਉ—ਸੋਹਣੇ ਲਾਲ ਨਾਲ । ਰਹਾਉ ।

ਤੋਰੀ—ਤੋੜਿਆਂ । ਛੋਰੀ—ਛੱਡਿਆਂ । ਮਾਧੋ—[ਮਾ-ਧਵ । ਮਾਇਆ ਦਾ ਪਤੀ] ਪਰ-ਮਾਤਮਾ (ਨੇ) । ਖਿੰਚ—ਉਹ ਰੱਸਾ ਜੋ ਜੁਲਾਹੇ ਤਾਣੇ ਨੂੰ ਪਾ ਕੇ ਕਿੱਲੇ ਦੇ ਉੱਤੋਂ ਦੀ ਲਿਆ

ਕੇ ਖੱਡੀ ਦੇ ਕੋਲ ਦੇ ਕਿੱਲੇ ਨਾਲ ਬੰਨ੍ਹੀ ਰੱਖਦੇ ਹਨ। ਜਿਉਂ ਜਿਉਂ ਕੱਪੜਾ ਉਣਦੇ ਜਾਂਦੇ ਹਨ, ਉਸ ਰੱਸੇ ਨੂੰ ਢਿੱਲਾ ਕਰੀ ਜਾਂਦੇ ਹਨ। (੨) ਗੱਡੇ ਉਤੇ ਕਮਾਦ ਲੱਦ ਕੇ ਉਤੋਂ ਦੀ ਰੱਸਾ ਪਾਂਦੇ ਹਨ, ਉਸ ਨੂੰ ਭੀ ਦੁਆਬੇ ਵਿਚ ਖਿੱਚ (ਖੇਂਜ) ਆਖਦੇ ਹਨ। ਤਨੀ–ਤਾਣੀ ਹੋਈ ਹੈ (ਮਾਧੋ ਨੇ)। ੧।

ਰੈਨਿ–ਰਾਤ। ਮਾਹਿ–ਵਿਚ। ਬਸਤੁ ਹੈ–ਵੱਸਦਾ ਹੈ। ਪ੍ਰਭ–ਹੇ ਪ੍ਰਭੂ ! ੨।

ਜਾਉ–ਜਾਉਂ, ਮੈਂ ਜਾਂਦਾ ਹਾਂ। ਬਲਿ ਬਲਿ–ਕੁਰਬਾਨ। ਸਿਆਮ ਸੁੰਦਰ ਕਉ–ਸੋਹਣੇ ਸ਼ਿਆਮ ਤੋਂ, ਪ੍ਰਭੂ ਤੋਂ। ਅਕਥ–ਅਕੱਥ,ਬਿਆਨ ਤੋਂ ਬਾਹਰ। ਬਾਤ–ਗੱਲ।੩।

ਦਾਸਨਿ ਦਾਸੁ–ਦਾਸਾਂ ਦਾ ਦਾਸ। ਕਹੀਅਤ ਹੈ–ਕਿਹਾ ਜਾਂਦਾ ਹੈ। ਮੋਹਿ–ਮੇਰੇ ਉੱਤੇ। ਠਾਕੁਰ–ਹੇ ਠਾਕੁਰ ! ੪।

ਅਰਥ :–ਹੇ ਭਾਈ ! ਮੇਰਾ ਪਿਆਰ (ਤਾਂ ਹੁਣ) ਸੋਹਣੇ ਪ੍ਰਭੂ ਨਾਲ ਬਣ ਗਿਆ ਹੈ। ਰਹਾਉ।

ਹੇ ਭਾਈ ! ਪ੍ਰਭੂ ਨੇ ਪਿਆਰ ਦੀ ਡੋਰ ਐਸੀ ਕੱਸੀ ਹੋਈ ਹੈ, ਕਿ ਉਹ ਡੋਰ ਨਾਂਹ ਹੁਣ ਤੋੜਿਆਂ ਟੁੱਟਦੀ ਹੈ ਅਤੇ ਨਾਂਹ ਛੱਡਿਆਂ ਛੱਡੀ ਜਾ ਸਕਦੀ ਹੈ। ੧।

ਹੇ ਭਾਈ ! ਉਹ ਪਿਆਰ ਹੁਣ ਦਿਨ ਰਾਤ ਮੇਰੇ ਮਨ ਵਿਚ ਵੱਸ ਰਿਹਾ ਹੈ। ਹੇ ਪ੍ਰਭੂ ! ਤੂੰ ਆਪਣੀ ਕਿਰਪਾ ਕਰੀ ਰੱਖ (ਕਿ ਇਹ ਪਿਆਰ ਕਾਇਮ ਰਹੇ)। ੨।

(ਹੇ ਭਾਈ ! ਉਸ ਪਿਆਰ ਦੀ ਬਰਕਤ ਨਾਲ) ਮੈਂ (ਹਰ ਵੇਲੇ) ਉਸ ਸੋਹਣੇ ਪ੍ਰਭੂ ਤੋਂ ਸਦਕੇ ਜਾਂਦਾ ਹਾਂ ਜਿਸ ਦੀ ਬਾਬਤ ਇਹ ਗੱਲ ਸੁਣੀ ਹੋਈ ਹੈ ਕਿ ਉਸ ਦੀ ਸਿਫ਼ਤਿ ਸਾਲਾਹ ਦੀ ਕਹਾਣੀ ਬਿਆਨ ਤੋਂ ਪਰੇ ਹੈ। ੩।

ਹੇ ਦਾਸ ਨਾਨਕ ! (ਆਖ–ਹੇ ਪ੍ਰਭੂ ! ਤੇਰਾ ਇਹ ਸੇਵਕ ਨਾਨਕ ਤੇਰੇ) ਦਾਸਾਂ ਦਾ ਦਾਸ ਅਖਵਾਂਦਾ ਹੈ। ਹੇ ਠਾਕੁਰ ! ਅਪਣੀ ਕਿਰਪਾ ਮੇਰੇ ਉਤੇ ਕਰੀ ਰੱਖ (ਤੇ, ਇਹ ਪਿਆਰ ਬਣਿਆ ਰਹੇ)। ੪। ੨੮। ੧੧੪।

ਬਿਲਾਵਲੁ ਮਹਲਾ ੫ ॥ ਹਰਿ ਕੇ ਚਰਨ ਜਪਿ ਜਾਂਉ ਕੁਰਬਾਨੁ ॥ ਗੁਰੁ ਮੇਰਾ ਪਾਰਬ੍ਰਹਮ ਪਰਮੇਸੁਰੁ ਤਾ ਕਾ ਹਿਰਦੈ ਧਰਿ ਮਨ ਧਿਆਨੁ ॥ ੧ ॥ ਰਹਾਉ ॥ ਸਿਮਰਿ ਸਿਮਰਿ ਸਿਮਰਿ ਸੁਖਦਾਤਾ ਜਾ ਕਾ ਕੀਆ ਸਗਲੁ ਜਹਾਨੁ ॥ ਰਸਨਾ ਰਵਹੁ ਏਕੁ ਨਾਰਾਇਣੁ ਸਾਚੀ ਦਰਗਹ ਪਾਵਹੁ ਮਾਨੁ ॥੧॥ ਸਾਧੂ ਸੰਗੁ ਪਰਾਪਤਿ ਜਾ ਕਉ ਤਿਨ ਹੀ ਪਾਇਆ ਏਹੁ ਨਿਧਾਨੁ ॥ ਗਾਵਉ ਗੁਣ ਕੀਰਤਨੁ ਨਿਤ ਸੁਆਮੀ ਕਰਿ ਕਿਰਪਾ ਨਾਨਕ ਦੀਜੈ ਦਾਨੁ ॥੨॥੨੯॥੧੧੫॥ [ਪੰਨਾ ੮੨੭]

ਪਦ ਅਰਥ :—ਜਪਿ—ਜਪ ਕੇ, ਹਿਰਦੇ ਵਿਚ ਵਸਾ ਕੇ। ਜਾਂਉ—ਜਾਂਉਂ, ਮੈਂ ਜਾਂਦਾ ਹਾਂ। ਕੁਰਬਾਨੁ—ਬਲਿਹਾਰ, ਸਦਕੇ। ਹਿਰਦੈ—ਹਿਰਦੇ ਵਿਚ। ਮਨ—ਹੇ ਮਨ! ਤਾ ਕਾ—ਉਸ (ਗੁਰੂ) ਦਾ। ੧। ਰਹਾਉ।

ਸਿਮਰਿ—ਸਿਮਰਦਾ ਰਹੁ। ਕੀਆ—ਪੈਦਾ ਕੀਤਾ ਹੋਇਆ। ਸਗਲੁ—ਸਾਰਾ। ਰਸਨਾ—ਜੀਭ ਨਾਲ। ਰਵਹੁ—ਜਪਦੇ ਰਹੋ। ਸਾਚੀ—ਸਦਾ ਕਾਇਮ ਰਹਿਣ ਵਾਲੀ। ਮਾਨੁ—ਆਦਰ। ੧।

ਸਾਧੂ ਸੰਗੁ—ਗੁਰੂ ਦਾ ਸਾਥ। ਜਾ ਕਉ—ਜਿਸ (ਮਨੁੱਖ) ਨੂੰ। ਤਿਨਹੀ—ਤਿਨਿ ਹੀ, ਉਸ ਨੇ ਹੀ [ਨੋਟ ! ਲਫ਼ਜ਼ 'ਤਿਨਿ' ਦੀ ਿ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ]। ਨਿਧਾਨੁ—ਖ਼ਜ਼ਾਨਾ। ਗਾਵਉ—ਗਾਵਉਂ, ਮੈਂ ਗਾਂਦਾ ਰਹਾਂ। ਨਿਤ—ਸਦਾ। ਕਰਿ—ਕਰ ਕੇ। ਨਾਨਕ ਦੀਜੈ—ਨਾਨਕ ਨੂੰ ਦੇਹ। ਦਾਨੁ—ਦਾਤਿ, ਖ਼ੈਰ।੨।

ਅਰਥ :—ਹੇ ਭਾਈ! ਪਰਮਾਤਮਾ ਦੇ ਚਰਨ ਹਿਰਦੇ ਵਿਚ ਵਸਾ ਕੇ, ਮੈਂ ਉਸ ਤੋਂ (ਸਦਾ) ਸਦਕੇ ਜਾਂਦਾ ਹਾਂ। ਹੇ ਮੇਰੇ ਮਨ! ਮੇਰਾ ਗੁਰੂ (ਭੀ) ਪਰਮਾਤਮਾ (ਦਾ ਰੂਪ) ਹੈ, ਹਿਰਦੇ ਵਿਚ ਉਸ (ਗੁਰੂ) ਦਾ ਧਿਆਨ ਧਰਿਆ ਕਰ। ੧। ਰਹਾਉ।

ਹੇ ਭਾਈ! ਇਹ ਸਾਰਾ ਜਗਤ ਜਿਸ ਪਰਮਾਤਮਾ ਦਾ ਪੈਦਾ ਕੀਤਾ ਹੋਇਆ ਹੈ, ਸਾਰੇ ਸੁਖ ਦੇਣ ਵਾਲੇ ਉਸ ਪਰਮਾਤਮਾ ਨੂੰ ਸਦਾ ਹੀ ਯਾਦ ਕਰਦਾ ਰਹੁ। (ਆਪਣੀ) ਜੀਭ ਨਾਲ ਉਸ ਇੱਕ ਪਰਮਾਤਮਾ ਦਾ ਨਾਮ ਜਪਿਆ ਕਰ, (ਪਰਮਾਤਮਾ ਦੀ) ਸਦਾ ਕਾਇਮ ਰਹਿਣ ਵਾਲੀ ਹਜ਼ੂਰੀ ਵਿਚ ਆਦਰ ਪ੍ਰਾਪਤ ਕਰੇਂਗਾ। ੧।

ਪਰ, ਹੇ ਭਾਈ! ਇਹ ਨਾਮ-ਖ਼ਜ਼ਾਨਾ ਉਸ ਮਨੁੱਖ ਨੇ ਹੀ ਹਾਸਲ ਕੀਤਾ ਹੈ, ਜਿਸ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੋਈ ਹੈ।

ਹੇ ਮੇਰੇ ਮਾਲਕ! ਮੇਹਰ ਕਰ ਕੇ (ਮੈਨੂੰ) ਨਾਨਕ ਨੂੰ ਇਹ ਖ਼ੈਰ ਪਾ ਕਿ ਮੈਂ ਸਦਾ ਤੇਰੇ ਗੁਣ ਗਾਂਦਾ ਰਹਾਂ, ਸਦਾ ਤੇਰੀ ਸਿਫ਼ਤਿ ਸਾਲਾਹ ਕਰਦਾ ਰਹਾਂ।੨।੨੯।੧੧੫।

ਬਿਲਾਵਲੁ ਮਹਲਾ ੫ ॥ ਰਾਖਿ ਲੀਏ ਸਤਿਗੁਰ ਕੀ ਸਰਣ ॥ ਜੈ ਜੈਕਾਰੁ ਹੋਆ ਜਗ ਅੰਤਰਿ ਪਾਰਬ੍ਰਹਮੁ ਮੇਰੋ ਤਾਰਣ ਤਰਣ ॥ ੧ ॥ ਰਹਾਉ ॥ ਬਿਸ੍ੰਭਰ ਪੂਰਨ ਸੁਖਦਾਤਾ ਸਗਲ ਸਮਗ੍ਰੀ ਪੋਖਣ ਭਰਣ ॥ ਥਾਨ ਥਨੰਤਰਿ ਸਰਬ ਨਿਰੰਤਰਿ ਬਲਿ ਬਲਿ ਜਾਂਈ ਹਰਿ ਕੇ ਚਰਣ ॥ ੧ ॥ ਜੀਅ ਜੁਗਤਿ ਵਸਿ ਮੇਰੇ ਸੁਆਮੀ ਸਰਬ ਸਿਧਿ ਤੁਮ ਕਾਰਣ ਕਰਣ ॥ ਆਦਿ ਜੁਗਾਦਿ ਪ੍ਰਭੁ ਰਖਦਾ ਆਇਆ ਹਰਿ ਸਿਮਰਤ ਨਾਨਕ ਨਹੀ ਡਰਣ ॥੨॥ ੩੦॥੧੧੬॥ [ਪੰਨਾ ੮੨੭]

ਪਦ ਅਰਥ:–ਰਾਖਿ ਲੀਏ–ਬਚਾ ਲਏ। ਜੈ ਜੈਕਾਰੁ–ਸਦਾ ਦੀ ਸੋਭਾ। ਅੰਤਰਿ–ਅੰਦਰ, ਵਿਚ। ਤਾਰਣੁ–ਪਾਰ ਲੰਘਣ ਵਾਸਤੇ। ਤਰਣ–ਬੇੜੀ, ਜਹਾਜ਼। ੧। ਰਹਾਉ।

ਬਿਸ੍ੰਭਰ–ਸਾਰੇ ਜਗਤ ਨੂੰ ਪਾਲਣ ਵਾਲਾ [ਵਿਸ਼੍ਵ–ਸਾਰਾ ਸੰਸਾਰ]। ਪੂਰਨ–ਸਰਬ-ਵਿਆਪਕ। ਸਮਗ੍ਰੀ–ਪਦਾਰਥ। ਪੋਖਣ ਭਰਣ–ਪਾਲਣ ਪੋਸਣ ਵਾਲਾ। ਥਾਨ ਥਨੰਤਰਿ–ਥਾਨ ਥਾਨ ਅੰਤਰਿ, ਹਰੇਕ ਥਾਂ ਵਿਚ। ਨਿਰੰਤਰਿ–ਇਕ-ਰਸ [ਨਿਰ-ਅੰਤਰ। ਅੰਤਰੁ–ਵਿੱਥ] ਵਿੱਥ ਤੋਂ ਬਿਨਾ। ਜਾਂਈ–ਜਾਈਂ, ਮੈਂ ਜਾਂਦਾ ਹਾਂ। ਬਲਿ ਬਲਿ–ਕੁਰਬਾਨ। ੧।

ਜੀਅ ਜੁਗਤਿ–ਜਿੰਦ ਦੀ ਮਰਯਾਦਾ। ਵਸਿ–ਵੱਸ ਵਿਚ। ਸੁਆਮੀ–ਹੇ ਸੁਆਮੀ! ਸਿਧਿ–ਸਿੱਧੀਆਂ। ਕਰਨ–ਸਬੱਬ, ਮੂਲ। ਕਰਣ–ਜਗਤ। ਆਦਿ–ਸ਼ੁਰੂ ਤੋਂ। ਜੁਗਾਦਿ–ਜੁਗਾਂ ਦੇ ਸ਼ੁਰੂ ਤੋਂ। ੨।

ਅਰਥ :–(ਹੇ ਭਾਈ! ਇਹ ਸੰਸਾਰ ਇਕ ਸਮੁੰਦਰ ਹੈ, ਜਿਸ ਵਿਚੋਂ) ਪਾਰ ਲੰਘਾਣ ਲਈ ਮੇਰਾ ਜੀਵਨ (ਮਾਨੋ, ਇਕ) ਜਹਾਜ਼ ਹੈ। (ਜਿਨ੍ਹਾਂ ਮਨੁੱਖਾਂ ਨੂੰ ਉਹ ਬਚਾਣਾ ਚਾਹੁੰਦਾ ਹੈ, ਉਹਨਾਂ ਨੂੰ) ਗੁਰੂ ਦੀ ਸਰਨ ਪਾ ਕੇ (ਇਸ ਸਮੁੰਦਰ ਵਿਚ ਡੁੱਬਣੋਂ) ਬਚਾ ਲੈਂਦਾ ਹੈ, ਜਗਤ ਵਿਚ ਉਹਨਾਂ ਦੀ ਸਦਾ ਹੀ ਸੋਭਾ ਹੁੰਦੀ ਹੈ। ੧। ਰਹਾਉ।

ਹੇ ਭਾਈ! ਪਰਮਾਤਮਾ ਸਾਰੇ ਜਗਤ ਨੂੰ ਪਾਲਣ ਵਾਲਾ ਹੈ, ਸਰਬ-ਵਿਆਪਕ ਹੈ, ਸਾਰੇ ਸੁਖ ਦੇਣ ਵਾਲਾ ਹੈ, (ਜਗਤ ਨੂੰ) ਪਾਲਣ ਪੋਸਣ ਵਾਸਤੇ ਸਾਰੇ ਪਦਾਰਥ ਉਸ ਦੇ ਹੱਥ ਵਿਚ ਹਨ। ਉਹ ਪਰਮਾਤਮਾ ਹਰੇਕ ਥਾਂ ਵਿਚ ਵੱਸ ਰਿਹਾ ਹੈ, ਸਭਨਾਂ ਵਿਚ ਇਕ ਰਸ ਵੱਸ ਰਿਹਾ ਹੈ। ਮੈਂ ਉਸ ਦੇ ਚਰਨਾਂ ਤੋਂ ਸਦਾ ਸਦਕੇ ਜਾਂਦਾ ਹਾਂ। ੧।

ਹੇ ਮੇਰੇ ਮਾਲਕ! (ਸਭ ਜੀਵਾਂ ਦੀ) ਜੀਵਨ-ਜੁਗਤਿ ਤੇਰੇ ਵੱਸ ਵਿਚ ਹੈ, ਤੇਰੇ ਵੱਸ ਵਿਚ ਸਾਰੀਆਂ ਤਾਕਤਾਂ ਹਨ, ਤੂੰ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈਂ। ਹੇ ਨਾਨਕ! ਸ਼ੁਰੂ ਤੋਂ ਹੀ ਪਰਮਾਤਮਾ (ਸਰਨ ਪਿਆਂ ਦੀ) ਰੱਖਿਆ ਕਰਦਾ ਆ ਰਿਹਾ ਹੈ। ਉਸ ਦਾ ਨਾਮ ਸਿਮਰਿਆਂ ਕੋਈ ਡਰ ਨਹੀਂ ਰਹਿ ਜਾਂਦਾ। ੨। ੩੦। ੧੧੬।

ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੮

੧ ਓ ਸਤਿਗੁਰਪ੍ਰਸਾਦਿ ॥ ਮੈ ਨਾਹੀ ਪ੍ਰਭ ਸਭੁ ਕਿਛੁ ਤੇਰਾ ॥ ਈਘੈ ਨਿਰਗੁਨ ਊਘੈ ਸਰਗੁਨ ਕੇਲ ਕਰਤ ਬਿਚਿ ਸੁਆਮੀ ਮੇਰਾ ॥੧॥ ਰਹਾਉ ॥ ਨਗਰ ਮਹਿ ਆਪਿ ਬਾਹਰਿ ਫੁਨਿ ਆਪਨ ਪ੍ਰਭ ਮੇਰੇ ਕੋ ਸਗਲ ਬਸੇਰਾ॥ਆਪੇ ਹੀ ਰਾਜਨ ਆਪੇ ਹੀ ਰਾਇਆ ਕਹ ਕਹ ਠਾਕੁਰੁ ਕਹ ਕਹ ਚੇਰਾ ॥ ੧ ॥ ਕਾ ਕਉ ਦੁਰਾਉ ਕਾ ਸਿਉ ਬਲਬੰਚਾ ਜਹ ਜਹ ਪੇਖਉ ਤਹ ਤਹ ਨੇਰਾ ॥

ਸਾਧ ਮੂਰਤਿ ਗੁਰੁ ਭੇਟਿਓ ਨਾਨਕ ਮਿਲਿ ਸਾਗਰ ਬੂੰਦ ਨਹੀ ਅਨ ਹੇਰਾ॥ ੨॥੧॥੧੧੭॥ [ਪੰਨਾ ੮੨੭]

ਪਦ ਅਰਥ :–ਪ੍ਰਭ–ਹੇ ਪ੍ਰਭੂ ! ਸਭੁ ਕਿਛੁ–ਹਰੇਕ ਚੀਜ਼। ਈਘੈ–ਇਕ ਪਾਸੇ। ਨਿਰਗੁਨ–ਮਾਇਆ ਦੇ ਤਿੰਨ ਗੁਣਾਂ ਤੋਂ ਪਰੇ। ਊਘੈ–ਦੂਜੇ ਪਾਸੇ। ਸਰਗੁਨ–ਮਾਇਆ ਦੇ ਤਿੰਨ ਗੁਣਾਂ ਸੰਯੁਕਤ। ਕੇਲ–ਜਗਤ-ਤਮਾਸ਼ਾ। ਬਿਚਿ–ਵਿਚਿ, ਨਿਰਗੁਨ ਸਰਗੁਨ ਦੋਹਾਂ ਪਾਸਿਆਂ ਦੇ ਵਿਚਕਾਰ। ੧। ਰਹਾਉ।

ਨਗਰ–ਸਰੀਰ। ਫੁਨਿ–ਫਿਰ, ਭੀ। ਆਪਨ–ਆਪ ਹੀ। ਕੋ–ਦਾ। ਸਗਲ–ਸਭਨਾਂ ਵਿਚ। ਰਾਜਨ–ਰਾਜਾ, ਪਾਤਿਸ਼ਾਹ। ਰਾਇਆ–ਰਿਆਇਆ, ਰਈਅਤ। ਕਹ ਕਹ–ਕਿਤੇ ਕਿਤੇ। ਠਾਕੁਰੁ–ਮਾਲਕ। ਚੇਰਾ–ਨੌਕਰ। ੧।

ਕਾ ਕਉ–ਕਿਸ ਪਾਸੋਂ ? ਦੁਰਾਉ–ਲੁਕਾਉ, ਉਹਲਾ। ਕਾ ਸਿਉ–ਕਿਸ ਨਾਲ ? ਬਲਬੰਚਾ–ਵਲ-ਛਲ, ਠੱਗੀ। ਜਹ ਜਹ–ਜਿੱਥੇ ਜਿੱਥੇ। ਪੇਖਉ–ਪੇਖਉਂ, ਮੈਂ ਵੇਖਦਾ ਹਾਂ। ਤਹ ਤਹ–ਉਥੇ ਉਥੇ। ਨੇਰਾ–ਨੇੜੇ। ਸਾਧ ਮੂਰਤਿ–ਪਵਿੱਤਰ ਹਸਤੀ ਵਾਲਾ [साधु–Virtuous]। ਭੇਟਿਓ–ਮਿਲਿਆ। ਮਿਲਿ ਸਾਗਰ–ਸਮੁੰਦਰ ਨੂੰ ਮਿਲ ਕੇ। ਅਨ–[अन्य] ਹੋਰ, ਵੱਖਰੀ। ਹੇਰਾ–ਵੇਖੀ ਜਾਂਦੀ। ੨।

ਅਰਥ :–ਹੇ ਪ੍ਰਭੂ ! ਮੇਰੀ (ਆਪਣੇ ਆਪ ਵਿਚ) ਕੋਈ ਪਾਇਆਂ ਨਹੀਂ ਹੈ। (ਮੇਰੇ ਪਾਸ) ਹਰੇਕ ਚੀਜ਼ ਤੇਰੀ ਹੀ ਬਖ਼ਸ਼ੀ ਹੋਈ ਹੈ। ਹੇ ਭਾਈ ! ਇਕ ਪਾਸੇ ਤਾਂ ਪ੍ਰਭੂ ਮਾਇਆ ਦੇ ਤਿੰਨ ਗੁਣਾਂ ਤੋਂ ਪਰੇ ਹੈ, ਦੂਜੇ ਪਾਸੇ ਪ੍ਰਭੂ ਮਾਇਆ ਦੇ ਤਿੰਨ ਗੁਣਾਂ ਸਮੇਤ ਹੈ। ਇਹਨਾਂ ਦੋਹਾਂ ਹੀ ਹਾਲਤਾਂ ਦੇ ਵਿਚਕਾਰ ਮੇਰਾ ਮਾਲਕ-ਪ੍ਰਭੂ ਇਹ ਜਗਤ-ਤਮਾਸ਼ਾ ਰਚਾਈ ਬੈਠਾ ਹੈ। ੧। ਰਹਾਉ।

ਹੇ ਭਾਈ ! (ਹਰੇਕ ਸਰੀਰ-) ਨਗਰ ਵਿਚ ਪ੍ਰਭੂ ਆਪ ਹੀ ਹੈ, ਬਾਹਰ (ਸਾਰੇ ਜਗਤ ਵਿਚ) ਭੀ ਆਪ ਹੀ ਹੈ। ਸਭ ਜੀਵਾਂ ਵਿਚ ਮੇਰੇ ਪ੍ਰਭੂ ਦਾ ਹੀ ਨਿਵਾਸ ਹੈ। ਹੇ ਭਾਈ ! ਪ੍ਰਭੂ ਆਪ ਹੀ ਰਾਜਾ ਹੈ ਆਪ ਹੀ ਰਈਅਤ ਹੈ। ਕਿਤੇ ਮਾਲਕ ਬਣਿਆ ਹੋਇਆ ਹੈ। ਕਿਤੇ ਸੇਵਕ ਬਣਿਆ ਹੋਇਆ ਹੈ। ੧।

ਹੇ ਭਾਈ ! ਮੈਂ ਜਿਧਰ ਜਿਧਰ ਵੇਖਦਾ ਹਾਂ, ਹਰ ਥਾਂ ਪਰਮਾਤਮਾ ਹੀ (ਹਰੇਕ ਦੇ) ਅੰਗ-ਸੰਗ ਵੱਸ ਰਿਹਾ ਹੈ। (ਉਸ ਤੋਂ ਬਿਨਾ ਕਿਤੇ ਭੀ ਕੋਈ ਹੋਰ ਨਹੀਂ ਹੈ, ਇਸ ਵਾਸਤੇ) ਕਿਸ ਪਾਸੋਂ ਕੋਈ ਝੂਠ-ਲੁਕਾਉ ਕੀਤਾ ਜਾਏ, ਤੇ, ਕਿਸ ਨਾਲ ਕੋਈ ਠੱਗੀ-ਫ਼ਰੇਬ ਕੀਤਾ ਜਾਏ ? (ਉਹ ਤਾਂ ਸਭ ਕੁਝ ਵੇਖਦਾ ਜਾਣਦਾ ਹੈ)। ਹੇ ਨਾਨਕ ! ਜਿਸ ਮਨੁੱਖ ਨੂੰ ਪਵਿੱਤਰ ਹਸਤੀ ਵਾਲਾ ਗੁਰੂ ਮਿਲ ਪੈਂਦਾ ਹੈ, (ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ) ਸਮੁੰਦਰ ਵਿਚ ਮਿਲ ਕੇ ਪਾਣੀ ਦੀ ਬੂੰਦ (ਸਮੁੰਦਰ ਨਾਲੋਂ) ਵੱਖਰੀ ਨਹੀਂ

ਦਿੱਸਦੀ ।੨।੧।੧੧੭।

ਨੋਟ :—ਇਥੋਂ ਘਰ ੮ ਦੇ ਸ਼ਬਦਾਂ ਦਾ ਸੰਗ੍ਰਹ ਸ਼ੁਰੂ ਹੋਇਆ ਹੈ ।

ਬਿਲਾਵਲੁ ਮਹਲਾ ੫ ॥ ਤੁਮ੍ ਸਮਰਥਾ ਕਾਰਨ ਕਰਨ ॥ ਢਾਕਨ ਢਾਕਿ ਗੋਬਿਦ ਗੁਰ ਮੇਰੇ ਮੋਹਿ ਅਪਰਾਧੀ ਸਰਨ ਚਰਨ ॥੧॥ ਰਹਾਉ ॥ ਜੋ ਜੋ ਕੀਨੋ ਸੋ ਤੁਮ੍ ਜਾਨਿਓ ਪੇਖਿਓ ਠਉਰ ਨਾਹੀ ਕਛੁ ਢੀਠ ਮੁਕਰਨ ॥ ਬਡ ਪਰਤਾਪੁ ਸੁਨਿਓ ਪ੍ਰਭ ਤੁਮ੍ਰੋ ਕੋਟਿ ਅਘਾ ਤੇਰੋ ਨਾਮ ਹਰਨ ॥ ੧ ॥ ਹਮਰੋ ਸਹਾਉ ਸਦਾ ਸਦ ਭੂਲਨ ਤੁਮ੍ਰੋ ਬਿਰਦੁ ਪਤਿਤ ਉਧਰਨ ॥ ਕਰੁਣਾ ਮੈ ਕਿਰਪਾਲ ਕ੍ਰਿਪਾਨਿਧਿ ਜੀਵਨ ਪਦ ਨਾਨਕ ਹਰਿ ਦਰਸਨ ॥ ੨ ॥ ੨ ॥ ੧੧੮ ॥

ਪਦ ਅਰਥ :—ਸਮਰਥਾ—ਸਾਰੀਆਂ ਤਾਕਤਾਂ ਦਾ ਮਾਲਕ । ਕਾਰਨ—ਸਬੱਬ,ਮੂਲ। ਕਰਨ—ਜਗਤ । ਕਰਨ ਕਾਰਨ—ਜਗਤ ਦਾ ਮੂਲ । ਢਾਕਨ—ਪਰਦਾ । ਗੋਬਿਦ—ਹੇ ਗੋਬਿੰਦ ! ਗੁਰ—ਹੇ ਸਭ ਤੋਂ ਵ੍ਡੇ ! ਮੋਹਿ—ਮੈਂ । ੧ । ਰਹਾਉ ।

ਕੀਨੋ—ਕੀਤਾ । ਪੇਖਿਓ—ਵੇਖਿਆ । ਠਉਰ ਮੁਕਰਨ—ਮੁਕਰਨ ਦੀ ਥਾਂ, ਇਨਕਾਰੀ ਹੋਣ ਦੀ ਗੁੰਜੈਸ਼ । ਢੀਠ—ਮੁੜ ਮੁੜ ਉਹੀ ਹਠ ਕਰੀ ਜਾਣ ਵਾਲਾ, ਨਿਰਲੱਜ । ਪ੍ਰਭ—ਹੇ ਪ੍ਰਭੂ ! ਕੋਟਿ—ਕ੍ਰੋੜਾਂ । ਅਘਾ—ਪਾਪ । ਹਰਨ—ਦੂਰ ਕਰਨ ਵਾਲਾ । ੧ ।

ਸਹਾਉ—ਸੁਭਾਉ । ਸਦ—ਸਦਾ । ਬਿਰਦੁ—ਮੁੱਢ-ਕਦੀਮਾਂ ਦਾ ਸੁਭਾਉ । ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ । ਉਧਰਨ—(ਵਿਕਾਰਾਂ ਵਿਚੋਂ) ਕੱਢਣਾ । ਕਰੁਣਾ ਮੈ—ਤਰਸ-ਭਰਪੂਰ [ਕਰੁਣਾ—ਤਰਸ] । ਨਿਧਿ—ਖ਼ਜ਼ਾਨਾ । ਜੀਵਨ ਪਦ—ਆਤਮਕ ਜੀਵਨ ਦਾ ਦਰਜਾ । ੨ ।

ਅਰਥ :—ਹੇ ਮੇਰੇ ਗੋਬਿੰਦ ! ਹੇ ਮੇਰੇ ਸਭ ਤੋਂ ਵ੍ਡੇ (ਮਾਲਕ) ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਜਗਤ ਦਾ ਰਚਨਹਾਰ ਹੈਂ, ਮੇਰਾ ਪਰਦਾ ਢੱਕ ਲੈ, ਮੈਂ ਪਾਪੀ ਤੇਰੇ ਚਰਨਾਂ ਦੀ ਸਰਨ ਆਇਆ ਹਾਂ । ੧ । ਰਹਾਉ ।

ਜੋ ਕੁਝ ਮੈਂ ਨਿੱਤ ਕਰਦਾ ਰਹਿੰਦਾ ਹਾਂ, ਹੇ ਪ੍ਰਭੂ ! ਉਹ ਤੂੰ ਸਭ ਕੁਝ ਜਾਣਦਾ ਹੈਂ ਅਤੇ ਵੇਖਦਾ ਹੈਂ, (ਇਹਨਾਂ ਕਰਤੂਤਾਂ ਤੋਂ) ਮੈਨੂੰ ਢੀਠ ਨੂੰ ਮੁੱਕਰਨ ਦੀ ਕੋਈ ਗੁੰਜੈਸ਼ ਨਹੀਂ, (ਫਿਰ ਭੀ ਮੈਂ ਕਰੀ ਭੀ ਜਾਂਦਾ ਹਾਂ, ਤੇ ਲੁਕਾਂਦਾ ਭੀ ਹਾਂ) । ਹੇ ਪ੍ਰਭੂ ! ਮੈਂ ਸੁਣਿਆ ਹੈ ਕਿ ਤੂੰ ਬੜੀ ਸਮਰੱਥਾ ਵਾਲਾ ਹੈਂ, ਤੇਰਾ ਨਾਮ ਕ੍ਰੋੜਾਂ ਪਾਪ ਦੂਰ ਕਰ ਸਕਦਾ ਹੈ (ਮੈਨੂੰ ਭੀ ਆਪਣਾ ਨਾਮ ਬਖ਼ਸ਼) । ੧ ।

ਹੇ ਪ੍ਰਭੂ ! ਅਸਾਂ ਜੀਵਾਂ ਦਾ ਸੁਭਾਉ ਹੀ ਹੈ ਨਿੱਤ ਭੁੱਲਾਂ ਕਰਦੇ ਰਹਿਣਾ । ਤੇਰਾ

ਮੁੱਢ-ਕਦੀਮਾਂ ਦਾ ਸੁਭਾਉ ਹੀ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣਾ । ਹੇ ਤਰਸ ਦੇ ਸੋਮੇ ! ਹੇ ਕਿਰਪਾਲ ! ਹੇ ਕਿਰਪਾ ਦੇ ਖ਼ਜ਼ਾਨੇ ! ਨਾਨਕ ਨੂੰ ਆਪਣਾ ਦਰਸ਼ਨ ਦੇਹ, ਤੇਰਾ ਦਰਸ਼ਨ ਉੱਚੇ ਆਤਮਕ ਜੀਵਨ ਦਾ ਦਰਜਾ ਬਖ਼ਸ਼ਣ ਵਾਲਾ ਹੈ ।੨।੨।੧੧੮।

ਬਿਲਾਵਲੁ ਮਹਲਾ ੫ ।। ਐਸੀ ਕਿਰਪਾ ਮੋਹਿ ਕਰਹੁ ।। ਸੰਤਹ ਚਰਣ ਹਮਾਰੋ ਮਾਥਾ ਨੈਨ ਦਰਸੁ ਤਨਿ ਧੂਰਿ ਪਰਹੁ ।। ੧ ।। ਰਹਾਉ ॥ ਗੁਰ ਕੋ ਸਬਦੁ ਮੇਰੈ ਹੀਅਰੈ ਬਾਸੈ ਹਰਿਨਾਮਾ ਮਨ ਸੰਗਿ ਧਰਹੁ ।। ਤਸਕਰ ਪੰਚ ਨਿਵਾਰਹੁ ਠਾਕੁਰ ਸਗਲੋ ਭਰਮਾ ਹੋਮਿ ਜਰਹੁ ।। ੧ ।। ਜੋ ਤੁਮ੍ ਕਰਹੁ ਸੋਈ ਭਲ ਮਾਨੈ ਭਾਵਨੁ ਦੁਬਿਧਾ ਦੂਰਿ ਟਰਹੁ ।। ਨਾਨਕ ਕੇ ਪ੍ਰਭ ਤੁਮ ਹੀ ਦਾਤੇ ਸੰਤ ਸੰਗਿ ਲੇ ਮੋਹਿ ਉਧਰਹੁ ।।੨।।੩।।੧੧੯।। [ਪੰਨਾ ੮੨੯]

ਪਦ ਅਰਥ :-ਮੋਹਿ-ਮੈਨੂੰ, ਮੇਰੇ ਉੱਤੇ । ਸੰਤਹ-ਸੰਤਾਂ ਦੇ । ਹਮਾਰੋ-ਮੇਰੋ । ਤਨਿ-ਸਰੀਰ ਉੱਤੇ । ਪਰਹੁ-ਪਾ ਦਿਉ । ੧ । ਰਹਾਉ ।

ਕੋ-ਦਾ । ਹੀਅਰੈ-ਹਿਰਦੇ ਵਿਚ । ਬਾਸੈ-ਵੱਸਦਾ ਰਹੇ । ਮਨ ਸੰਗਿ-ਮਨ ਦੇ ਨਾਲ, ਜਿੰਦ ਦੇ ਨਾਲ । ਤਸਕਰ-ਚੋਰ । ਨਿਵਾਰਹੁ-ਕੱਢ ਦਿਉ । ਠਾਕੁਰ-ਹੇ ਠਾਕੁਰ ! ਸਗਲੋ-ਸਾਰਾ । ਹੋਮਿ-ਹਵਨ ਵਿਚ । ਜਰਹੁ-ਜਾਰਹੁ, ਸਾੜੋ । ੧ ।

ਭਲ-ਭਲਾ, ਚੰਗਾ । ਮਾਨੈ-(ਮੇਰਾ ਮਨ) ਮੰਨ ਲਏ । ਭਾਵਨੁ-ਭਾਉਣਾ, ਚੰਗਾ ਲੱਗਣਾ । ਭਾਵਨੁ ਦੁਬਿਧਾ-ਦੁਬਿਧਾ ਚੰਗੀ ਲੱਗਣੀ । ਦੁਬਿਧਾ-ਮੇਰ-ਤੇਰ, ਵਿਤਕਰਾ । ਟਰਹੁ-ਟਾਲ ਦਿਉ । ਪ੍ਰਭ-ਹੇ ਪ੍ਰਭੂ ! ਸੰਗਿ-ਸੰਗਤਿ ਵਿਚ । ਲੇ-ਲੈ ਕੇ,ਰੱਖ ਕੇ । ਮੋਹਿ -ਮੈਨੂੰ । ਉਧਰਹੁ-(ਤਸਕਰਾਂ ਤੋਂ) ਬਚਾ ਲਵੋ । ੨ ।

ਅਰਥ :-ਹੇ ਪ੍ਰਭੂ ! ਮੇਰੇ ਉਤੇ ਇਹ ਮੇਹਰ ਕਰ ਕਿ ਸੰਤਾਂ ਦੇ ਚਰਨਾਂ ਉਤੇ ਮੇਰਾ ਮੱਥਾ (ਸਿਰ)ਪਿਆ ਰਹੇ, ਮੇਰੀਆਂ ਅੱਖਾਂ ਵਿਚ ਸੰਤ ਜਨਾਂ ਦਾ ਦਰਸ਼ਨ ਟਿਕਿਆ ਰਹੇ, ਮੇਰੇ ਸਰੀਰ ਉਤੇ ਸੰਤਾਂ ਦੇ ਚਰਨਾਂ ਦੀ ਧੂੜ ਪਾਈ ਰੱਖੋ । ੧ । ਰਹਾਉ ।

(ਹੇ ਪ੍ਰਭੂ ! ਮੇਰੇ ਉਤੇ ਇਹ ਮੇਹਰ ਕਰੋ-) ਗੁਰੂ ਦਾ ਸ਼ਬਦ ਮੇਰੇ ਹਿਰਦੇ ਵਿਚ (ਸਦਾ) ਵੱਸਦਾ ਰਹੇ, ਹੇ ਹਰੀ ! ਆਪਣਾ ਨਾਮ ਮੇਰੇ ਮਨ ਵਿਚ ਟਿਕਾਈ ਰੱਖ । ਹੇ ਠਾਕੁਰ ! (ਮੇਰੇ ਅੰਦਰੋਂ ਕਾਮਾਦਿਕ) ਪੰਜੇ ਚੋਰ ਕੱਢ ਦੇ, ਮੇਰੀ ਸਾਰੀ ਭਟਕਣਾ ਅੱਗ ਵਿਚ ਸਾੜ ਦੇ । ੧ ।

(ਹੇ ਪ੍ਰਭੂ ! ਮੇਰੇ ਉਤੇ ਇਹ ਮੇਹਰ ਕਰ-) ਜੋ ਕੁਝ ਤੂੰ ਕਰਦਾ ਹੈਂ, ਉਸੇ ਨੂੰ (ਮੇਰਾ ਮਨ) ਚੰਗਾ ਮੰਨੇ । (ਹੇ ਪ੍ਰਭੂ ! ਮੇਰੇ ਅੰਦਰੋਂ) ਵਿਤਕਰਿਆਂ ਦਾ ਚੰਗਾ ਲੱਗਣਾ ਕੱਢ ਦੇ । ਹੇ ਪ੍ਰਭੂ ! ਤੂੰ ਹੀ ਨਾਨਕ ਨੂੰ ਸਭ ਦਾਤਾਂ ਦੇਣ ਵਾਲਾ ਹੈਂ । (ਨਾਨਕ ਦੀ ਇਹ ਅਰਜ਼ੋਈ

ਹੈ–) ਸੰਤਾਂ ਦੀ ਸੰਗਤਿ ਵਿਚ ਰੱਖ ਕੇ ਮੈਨੂੰ (ਨਾਨਕ ਨੂੰ ਕਾਮਾਦਿਕ ਤਸਕਰਾਂ ਤੋਂ) ਬਚਾ ਲੈ।੨।੩।੧੧੯।

ਬਿਲਾਵਲੁ ਮਹਲਾ ੫॥ ਐਸੀ ਦੀਖਿਆ ਜਨ ਸਿਉ ਮੰਗਾ॥ ਤੁਮ੍ਰੋ ਧਿਆਨੁ ਤੁਮ੍ਰਾਰੋ ਰੰਗਾ॥ ਤੁਮ੍ਰੀ ਸੇਵਾ ਤੁਮ੍ਰਾਰੇ ਅੰਗਾ॥੧॥ ਰਹਾਉ॥ ਜਨ ਕੀ ਟਹਲ ਸੰਭਾਖਨੁ ਜਨ ਸਿਉ ਊਠਨੁ ਬੈਠਨੁ ਜਨ ਕੈ ਸੰਗਾ॥ ਜਨ ਚਰ ਰਜ ਮੁਖਿ ਮਾਥੈ ਲਾਗੀ ਆਸਾ ਪੂਰਨ ਅਨਤ ਤਰੰਗਾ॥੧॥ ਜਨ ਪਾਰਬ੍ਰਹਮ ਜਾ ਕੀ ਨਿਰਮਲ ਮਹਿਮਾ ਜਨ ਕੇ ਚਰਨ ਤੀਰਥ ਕੋਟਿ ਗੰਗਾ॥ ਜਨ ਕੀ ਧੂਰਿ ਕੀਓ ਮਜਨੁ ਨਾਨਕ ਜਨਮ ਜਨਮ ਕੇ ਹਰੇ ਕਲੰਗਾ॥੨॥੪॥੧੨੦॥ [ਪੰਨਾ ੮੨੮]

ਪਦ ਅਰਥ :–ਦੀਖਿਆ–ਸਿੱਖਿਆ। ਜਨ ਸਿਉ–(ਹੇ ਪ੍ਰਭੂ ! ਤੇਰੇ)ਜਨਾਂ ਪਾਸੋਂ। ਮੰਗਾ–ਮੰਗਾਂ, ਮੈਂ ਮੰਗਦਾ ਹਾਂ। ਰੰਗਾ–ਰੰਗ, ਪ੍ਰੇਮ। ਅੰਗਾ–ਅੰਗ, ਨਾਲ ।੧। ਰਹਾਉ।

ਸੰਭਾਖਨੁ–ਬੋਲ-ਚਾਲ । ਸਿਉ–ਨਾਲ। ਊਠਨੁ ਬੈਠਨੁ–ਬਹਿਣ-ਖਲੋਣ, ਮੇਲ-ਜੋਲ। ਕੈ ਸੰਗਾ–ਦੇ ਨਾਲ। ਚਰ ਰਜ–ਚਰਨਾਂ ਦੀ ਰਜ, ਚਰਨਾਂ ਦੀ ਧੂੜ। ਮੁਖਿ–ਮੂੰਹ ਉਤੇ। ਅਨਤ–ਅਨੰਤ, ਬੇਅੰਤ। ਤਰੰਗਾ–ਲਹਿਰਾਂ।੧।

ਕੋਟੀ–ਕ੍ਰੋੜਾਂ । ਮਜਨੁ–ਇਸ਼ਨਾਨ, ਚੁੱਭੀ। ਹਰੇ–ਦੂਰ ਕੀਤੇ। ਕਲੰਗਾ–ਕਲੰਕ, ਪਾਪ।੧।

ਅਰਥ :–(ਹੇ ਪ੍ਰਭੂ ! ਤੇਰੇ) ਸੇਵਕਾਂ ਪਾਸੋਂ **ਮੈਂ ਇਹ** ਸਿੱਖਿਆ ਮੰਗਦਾ ਹਾਂ ਕਿ ਤੇਰੇ ਹੀ ਚਰਨਾਂ ਦਾ ਧਿਆਨ, ਤੇਰਾ ਹੀ ਪ੍ਰੇਮ(ਮੇਰੇ **ਅੰਦਰ ਬਣਿਆ ਰਹੇ**) ਤੇਰੀ ਹੀ ਸੇਵਾ ਭਗਤੀ ਕਰਦਾ ਰਹਾਂ, ਤੇਰੇ ਹੀ ਚਰਨਾਂ ਵਿਚ ਜੁੜਿਆ ਰਹਾਂ।੧। ਰਹਾਉ।

(ਹੇ ਪ੍ਰਭੂ ! ਤੇਰੇ ਸੇਵਕਾਂ ਪਾਸੋਂ ਮੈਂ ਇਹ ਦਾਨ ਮੰਗਦਾ ਹਾਂ ਕਿ ਤੇਰੇ) ਸੇਵਕਾਂ ਦੀ ਮੈਂ ਟਹਿਲ ਕਰਦਾ ਰਹਾਂ, ਤੇਰੇ ਸੇਵਕਾਂ ਨਾਲ ਹੀ ਮੇਰਾ ਬੋਲ-ਚਾਲ ਰਹੇ, ਮੇਰਾ ਮੇਲ-ਜੋਲ ਭੀ ਤੇਰੇ ਸੇਵਕਾਂ ਨਾਲ ਹੀ ਰਹੇ। ਤੇਰੇ ਸੇਵਕਾਂ ਦੇ ਚਰਨਾਂ ਦੀ ਧੂੜ ਮੇਰੇ ਮੂੰਹ-ਮੱਥੇ ਉਤੇ ਲੱਗਦੀ ਰਹੇ–ਇਹ ਚਰਨ-ਧੂੜ(ਮਾਇਆ ਦੀਆਂ)ਅਨੇਕਾਂ ਲਹਿਰਾਂ ਪੈਦਾ ਕਰਨ ਵਾਲੀਆਂ ਆਸਾਂ ਨੂੰ ਸ਼ਾਂਤ ਕਰ ਦੇਂਦੀ ਹੈ।੧।

ਹੇ ਨਾਨਕ ! ਪਰਮਾਤਮਾ ਦੇ ਸੇਵਕ ਐਸੇ ਹਨ ਕਿ ਉਹਨਾਂ ਦੀ ਸੋਭਾ ਦਾਗ਼-ਹੀਨ ਹੁੰਦੀ ਹੈ, ਸੇਵਕਾਂ ਦੇ ਚਰਨ ਗੰਗਾ ਆਦਿਕ ਕ੍ਰੋੜਾਂ ਤੀਰਥਾਂ ਦੇ ਤੁੱਲ ਹਨ। ਜਿਸ ਮਨੁੱਖ ਨੇ ਪ੍ਰਭੂ ਦੇ ਸੇਵਕਾਂ ਦੀ ਚਰਨ-ਧੂੜ ਵਿਚ ਇਸ਼ਨਾਨ ਕਰ ਲਿਆ, ਉਸ ਦੇ ਅਨੇਕਾਂ ਜਨਮਾਂ

ਦੇ (ਕੀਤੇ ਹੋਏ) ਪਾਪ ਦੂਰ ਹੋ ਜਾਂਦੇ ਹਨ ।੨।੪।੧੨੦।

ਬਿਲਾਵਲੁ ਮਹਲਾ ੫ ॥ ਜਿਉ ਭਾਵੈ ਤਿਉ ਮੋਹਿ ਪ੍ਰਤਿਪਾਲ ॥ ਪਾਰਬ੍ਰਹਮ ਪਰਮੇਸਰ ਸਤਿਗੁਰ ਹਮ ਬਾਰਿਕ ਤੁਮ੍ ਪਿਤਾ ਕਿਰਪਾਲ ॥੧॥ ਰਹਾਉ ॥ ਮੋਹਿ ਨਿਰਗੁਣ ਗੁਣੁ ਨਾਹੀ ਕੋਈ ਪਹੁਚਿ ਨ ਸਾਕਉ ਤੁਮ੍ਰੀ ਘਾਲ ॥ ਤੁਮਰੀ ਗਤਿ ਮਿਤਿ ਤੁਮ ਹੀ ਜਾਨਹੁ ਜੀਉ ਪਿੰਡੁ ਸਭੁ ਤੁਮਰੋ ਮਾਲ ॥ ੧ ॥ ਅੰਤਰਜਾਮੀ ਪੁਰਖ ਸੁਆਮੀ ਅਨਬੋਲਤ ਹੀ ਜਾਨਹੁ ਹਾਲ॥ ਤਨੁ ਮਨੁ ਸੀਤਲ ਹੋਇ ਹਮਾਰੋ ਨਾਨਕ ਪ੍ਰਭ ਜੀਉ ਨਦਰਿ ਨਿਹਾਲ ॥੨॥ ੫॥੧੨੧॥ [ਪੰਨਾ ੮੨੮]

ਪਦ ਅਰਥ :–ਜਿਉ ਭਾਵੈ–ਜਿਵੇਂ ਤੈਨੂੰ ਚੰਗਾ ਲੱਗੇ, ਜਿਵੇਂ ਹੋ ਸਕੇ । ਮੋਹਿ–ਮੈਨੂੰ । ਪ੍ਰਤਿਪਾਲ–ਬਚਾ ਲੈ । ਹਮ–ਅਸੀ (ਜੀਵ) । ਬਾਰਿਕ–ਬੱਚੇ । ੧ । ਰਹਾਉ ।

ਮੋਹਿ ਨਿਰਗੁਨ–ਮੈਂ ਗੁਣ ਹੀਨ ਵਿਚ । ਸਾਕਉ–ਸਾਕਉਂ । ਪਹੁਚਿ ਨ ਸਾਕਉ –ਮੈਂ ਪਹੁੰਚ ਨਹੀਂ ਸਕਦਾ, ਮੈਂ ਮੁੱਲ ਨਹੀਂ ਪਾ ਸਕਦਾ, ਮੈਂ ਕਦਰ ਨਹੀਂ ਜਾਣ ਸਕਦਾ। ਘਾਲ–ਮੇਹਨਤ, ਉਹ ਮੇਹਨਤ ਜੋ ਤੂੰ ਸਾਨੂੰ ਪਾਲਣ ਲਈ ਕਰਦਾ ਹੈਂ ।ਗਤਿ–ਆਤਮਕ ਹਾਲਤ । ਮਿਤਿ–ਮਾਪ । ਤੁਮਰੀ ਗਤਿ ਮਿਤਿ–ਤੇਰੀ ਆਤਮਕ ਅਵਸਥਾ ਤੇਰਾ ਮਾਪ, ਤੂੰ ਕਿਹੋ ਜਿਹਾ ਹੈਂ ਅਤੇ ਕੇਡਾ ਵੱਡਾ ਹੈਂ । ਜੀਉ–ਜਿੰਦ । ਪਿੰਡੁ–ਸਰੀਰ । ਸਭੁ–ਸਾਰਾ। ਮਾਲ–ਸਰਮਾਇਆ । ੧ ।

ਅੰਤਰਜਾਮੀ–ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ !ਪੁਰਖ–ਹੇ ਸਰਬ-ਵਿਆਪਕ! ਅਨਬੋਲਤ–ਬਿਨਾ ਬੋਲਣ ਦੇ । ਸੀਤਲੁ–ਠੰਢਾ-ਠਾਰ, ਸ਼ਾਂਤ । ਪ੍ਰਭ–ਹੇ ਪ੍ਰਭੂ ! ਨਿਹਾਲ–ਤੱਕ, ਵੇਖ । ਨਦਰਿ–ਮੇਹਰ ਦੀ ਨਿਗਾਹ ਨਾਲ । ੨ ।

ਅਰਥ :–ਹੇ ਪ੍ਰਭੂ ! ਜਿਵੇਂ ਹੋ ਸਕੇ, ਤਿਵੇਂ (ਔਗੁਣਾਂ ਤੋਂ) ਮੇਰੀ ਰਾਖੀ ਕਰ ।ਹੇ ਪਾਰਬ੍ਰਹਮ ! ਹੇ ਪਰਮੇਸਰ ! ਹੇ ਸਤਿਗੁਰੂ ! ਅਸੀ (ਜੀਵ) ਤੁਹਾਡੇ ਹਾਂ, ਤੁਸੀ ਸਾਡੇ ਪਾਲਣਹਾਰ ਪਿਤਾ ਹੋ । ੧ । ਰਹਾਉ ।

ਹੇ ਪ੍ਰਭੂ ! ਮੈਂ ਗੁਣ-ਹੀਨ ਵਿਚ ਕੋਈ ਭੀ ਗੁਣ ਨਹੀਂ ਹੈ, ਮੈਂ ਉਸ ਮੇਹਨਤ ਦੀ ਕਦਰ ਨਹੀਂ ਜਾਣ ਸਕਦਾ (ਜੋ ਤੂੰ ਅਸਾਂ ਜੀਵਾਂ ਦੀ ਪਾਲਣਾ ਵਾਸਤੇ ਕਰ ਰਿਹਾ ਹੈਂ) । ਹੇ ਪ੍ਰਭੂ ! ਤੂੰ ਕਿਹੋ ਜਿਹਾ ਹੈਂ ਅਤੇ ਕੇਡਾ ਵੱਡਾ ਹੈਂ–ਇਹ ਗੱਲ ਤੂੰ ਆਪ ਹੀ ਜਾਣਦਾ ਹੈਂ । (ਅਸਾਂ ਜੀਵਾਂ ਦਾ ਇਹ) ਸਰੀਰ ਤੇ ਜਿੰਦ ਤੇਰਾ ਹੀ ਦਿੱਤਾ ਹੋਇਆ ਸਰਮਾਇਆ ਹੈ । ੧ ।

ਹੇ ਹਰੇਕ ਦੇ ਦਿਲ ਦੀ ਜਾਣਨ ਵਾਲੇ ! ਹੇ ਸਰਬ-ਵਿਆਪਕ ਮਾਲਕ ! ਬਿਨਾ

ਸਾਡੇ ਬੋਲਣ ਦੇ ਹੀ ਤੂੰ ਸਾਡਾ ਹਾਲ ਜਾਣਦਾ ਹੈਂ। ਹੇ ਨਾਨਕ ! (ਆਖ–) ਹੇ ਪ੍ਰਭੂ ਜੀ ! ਮੇਹਰ ਦੀ ਨਿਗਾਹ ਨਾਲ ਮੇਰੇ ਵਲ ਤੱਕ, ਤਾ ਕਿ ਮੇਰਾ ਤਨ ਮੇਰਾ ਮਨ ਠੰਢਾ-ਠਾਰ ਹੋ ਜਾਏ। ੨। ੫। ੧੨੧।

ਬਿਲਾਵਲੁ ਮਹਲਾ ੫ ॥ ਰਾਖੁ ਸਦਾ ਪ੍ਰਭ ਅਪਨੈ ਸਾਥ ॥ ਤੂ ਹਮਰੋ ਪ੍ਰੀਤਮ ਮਨਮੋਹਨੁ ਤੁਝ ਬਿਨੁ ਜੀਵਨੁ ਸਗਲ ਅਕਾਥ ॥੧॥ਰਹਾਉ॥ ਰੰਕ ਤੇ ਰਾਉ ਕਰਤ ਖਿਨ ਭੀਤਰਿ ਪ੍ਰਭੁ ਮੇਰੋ ਅਨਾਥ ਕੋ ਨਾਥ ॥ਜਲਤ ਅਗਨਿ ਮਹਿ ਜਨ ਆਪਿ ਉਧਾਰੇ ਕਰਿ ਅਪੁਨੇ ਦੇ ਰਾਖੇ ਹਾਥ॥ ੧ ॥ ਸੀਤਲ ਸੁਖੁ ਪਾਇਓ ਮਨ ਤ੍ਰਿਪਤੇ ਹਰਿ ਸਿਮਰਤ ਸ੍ਰਮ ਸਗਲੇ ਲਾਥ ॥ਨਿਧਿ ਨਿਧਾਨ ਨਾਨਕ ਹਰਿ ਸੇਵਾ ਅਵਰ ਸਿਆਨਪ ਸਗਲ ਅਕਾਥ ॥ ੨ ॥ ੬ ॥ ੧੨੨ ॥ [ਪੰਨਾ ੮੨੮]

ਪਦ ਅਰਥ :–ਅਪਨੈ ਸਾਥ–ਆਪਣੇ ਨਾਲ, ਆਪਣੇ ਚਰਨਾਂ ਵਿਚ। ਪ੍ਰਭ–ਹੇ ਪ੍ਰਭੂ ! ਹਮਰੋ–ਅਸਾਡਾ। ਮਨ ਮੋਹਨੁ–ਮਨ ਨੂੰ ਮੋਹਣ ਵਾਲਾ। ਸਗਲ–ਸਾਰਾ। ਅਕਾਥ –ਅਕਾਰਥ, ਅਸਾਡਾ। ੧। ਰਹਾਉ।

ਰੰਕ–ਕੰਗਾਲ। ਤੇ–ਤੋਂ। ਰਾਉ–ਰਾਜਾ। ਭੀਤਰਿ–ਵਿਚ। ਕੋ–ਦਾ। ਨਾਥ–ਖਸਮ। ਜਲਤ–ਸੜਦਿਆਂ ਨੂੰ। ਉਧਾਰੇ–ਬਚਾ ਲੈਂਦਾ ਹੈ। ਕਰਿ–ਬਣਾ ਕੇ। ਦੇ ਹਾਥ–ਹੱਥ ਦੇ ਕੇ। ੧।

ਸੀਤਲ–ਠੰਢ ਦੇਣ ਵਾਲਾ, ਸ਼ਾਂਤੀ ਦੇਣ ਵਾਲਾ। ਤ੍ਰਿਪਤੇ–ਰੱਜ ਜਾਂਦੇ ਹਨ। ਸਿਮਰਤ–ਸਿਮਰਦਿਆਂ। ਸ੍ਰਮ–ਥਕੇਵੇਂ, ਦੌੜ-ਭੱਜਾਂ, ਭਟਕਣਾ। ਸਗਲੇ–ਸਾਰੇ। ਨਿਧਿ ਨਿਧਾਨ–ਖ਼ਜ਼ਾਨਿਆਂ ਦਾ ਖ਼ਜ਼ਾਨਾ। ਸੇਵਾ–ਭਗਤੀ। ਅਵਰ–ਹੋਰ। ਸਿਆਨਪ–ਚਤੁਰਾਈ। ੨।

ਅਰਥ :–ਹੇ ਪ੍ਰਭੂ ! ਸਾਨੂੰ ਤੂੰ ਸਦਾ ਆਪਣੇ ਚਰਨਾਂ ਵਿਚ ਟਿਕਾਈ ਰੱਖ। ਤੂੰ ਸਾਡਾ ਪਿਆਰਾ ਹੈਂ, ਤੂੰ ਸਾਡੇ ਮਨ ਨੂੰ ਖਿੱਚ ਪਾਣ ਵਾਲਾ ਹੈਂ। ਤੈਥੋਂ ਵਿਛੁੜ ਕੇ (ਅਸਾਂ ਜੀਵਾਂ ਦੀ) ਸਾਰੀ ਹੀ ਜ਼ਿੰਦਗੀ ਵਿਅਰਥ ਹੈ। ੧। ਰਹਾਉ।

ਹੇ ਭਾਈ ! ਮੇਰਾ ਪ੍ਰਭੂ ਨਿਖਸਮਿਆਂ ਦਾ ਖਸਮ ਹੈ, ਇਕ ਖਿਨ ਵਿਚ ਕੰਗਾਲ ਨੂੰ ਰਾਜਾ ਬਣਾ ਦੇਂਦਾ ਹੈ (ਤ੍ਰਿਸ਼ਨਾ ਦੀ) ਅੱਗ ਵਿਚ ਸੜਦਿਆਂ ਨੂੰ ਸੇਵਕ ਬਣਾ ਕੇ ਆਪ ਬਚਾ ਲੈਂਦਾ ਹੈ, ਆਪਣੇ ਬਣਾ ਕੇ ਹੱਥ ਦੇ ਕੇ, ਉਹਨਾਂ ਦੀ ਰੱਖਿਆ ਕਰਦਾ ਹੈ। ੧।

ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰਦਿਆਂ ਸ਼ਾਂਤੀ ਦੇਣ ਵਾਲਾ ਆਨੰਦ ਮਿਲ ਜਾਂਦਾ ਹੈ, ਮਨ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ, (ਮਾਇਆ ਦੀ ਖ਼ਾਤਰ)

ਸਾਰੀਆਂ ਭਟਕਣਾਂ ਮੁੱਕ ਜਾਂਦੀਆਂ ਹਨ। ਹੇ ਨਾਨਕ ! ਪਰਮਾਤਮਾ ਦੀ ਸੇਵਾ-ਭਗਤੀ ਹੀ ਸਾਰੇ ਖ਼ਜ਼ਾਨਿਆਂ ਦਾ ਖ਼ਜ਼ਾਨਾ ਹੈ। (ਮਾਇਆ ਦੀ ਖ਼ਾਤਰ ਵਰਤੀ ਹੋਈ) ਹੋਰ ਸਾਰੀ ਚਤੁਰਾਈ (ਪ੍ਰਭੂ ਦੀ ਸੇਵਾ-ਭਗਤੀ ਦੇ ਸਾਹਮਣੇ) ਵਿਅਰਥ ਹੈ। ੨। ੬। ੧੨੨।

ਬਿਲਾਵਲੁ ਮਹਲਾ ੫ ॥ ਅਪਨੇ ਸੇਵਕ ਕਉ ਕਬਹੁ ਨ ਬਿਸਾਰਹੁ ॥ ਉਰਿ ਲਾਗਹੁ ਸੁਆਮੀ ਪ੍ਰਭ ਮੇਰੇ ਪੂਰਬ ਪ੍ਰੀਤਿ ਗੋਬਿੰਦ ਬੀਚਾਰਹੁ ॥ ੧ ॥ ਰਹਾਉ ॥ ਪਤਿਤ ਪਾਵਨ ਪ੍ਰਭ ਬਿਰਦੁ ਤੁਮ੍ਹਾਰੋ ਹਮਰੇ ਦੋਖ ਰਿਦੈ ਮਤ ਧਾਰਹੁ। ਜੀਵਨ ਪ੍ਰਾਨ ਹਰਿ ਧਨੁ ਸੁਖੁ ਤੁਮ ਹੀ ਹਉਮੈ ਪਟਲੁ ਕ੍ਰਿਪਾ ਕਰਿ ਜਾਰਹੁ ॥ ੧ ॥ ਜਲ ਬਿਹੂਨ ਮੀਨ ਕਤ ਜੀਵਨ ਦੂਧ ਬਿਨਾ ਰਹਨੁ ਕਤ ਬਾਰੋ ॥ ਜਨ ਨਾਨਕ ਪਿਆਸ ਚਰਨ ਕਮਲਨ੍ਹ ਕੀ ਪੇਖਿ ਦਰਸੁ ਸੁਆਮੀ ਸੁਖ ਸਾਰੋ ॥੨॥੭॥੧੨੩॥ [ਪੰਨਾ ੮੨੯]

ਪਦ ਅਰਥ :—ਕਉ—ਨੂੰ। ਕਬਹੁ—ਕਦੇ ਭੀ। ਉਰਿ—ਛਾਤੀ ਨਾਲ। ਸੁਆਮੀ—ਹੇ ਮਾਲਕ ! ਪ੍ਰਭ—ਹੇ ਪ੍ਰਭੂ ! ਪੂਰਬ—ਪਹਿਲੀ। ਗੋਬਿੰਦ—ਹੇ ਗੋਬਿੰਦ ! ੧ ! ਰਹਾਉ।

ਪਤਿਤ—ਵਿਕਾਰਾਂ ਵਿਚ ਡਿੱਗੇ ਹੋਏ। ਪਾਵਨ—ਪਵਿੱਤਰ (ਕਰਨਾ)। ਬਿਰਦੁ—ਮੁੱਢ ਕਦੀਮਾਂ ਦਾ ਸੁਭਾਉ। ਤੁਮ੍ਹਾਰੋ—[ਅੱਖਰ 'ਮ' ਦੇ ਹੇਠ ਅੱਧਾ 'ਹ' ਹੈ]। ਦੋਖ—ਐਬ। ਰਿਦੈ—ਹਿਰਦੇ ਵਿਚ। ਮਤ—ਨਾਂਹ। ਧਾਰਹੁ—ਟਿਕਾਓ। ਜੀਵਨ ਪ੍ਰਾਨ—ਜਿੰਦ-ਜਾਨ। ਪਟਲੁ—ਪਰਦਾ। ਕਰਿ—ਕਰ ਕੇ। ਜਾਰਹੁ—ਸਾੜ ਦੇ। ੧।

ਬਿਹੂਨ—ਬਿਨਾ। ਮੀਨ—ਮੱਛੀ। ਕਤ—ਕਿਵੇਂ ? ਰਹਨੁ—ਟਿਕਣ, ਜੀਊਣ। ਬਾਰੋ—ਬਾਲਕ। ਕਮਲਨ੍ਹ—[ਅੱਖਰ 'ਨ' ਦੇ ਹੇਠ ਅੱਧਾ 'ਹ' ਹੈ]। ਪੇਖਿ—ਵੇਖ ਕੇ। ਸੁਆਮੀ—ਹੇ ਮਾਲਕ ! ਸਾਰੋ—ਸਾਰੇ। ੨।

ਅਰਥ :—ਹੇ ਮੇਰੇ ਮਾਲਕ-ਪ੍ਰਭੂ ! (ਮੈਨੂੰ) ਆਪਣੇ ਸੇਵਕ ਨੂੰ ਕਦੇ ਭੀ ਨਾਂਹ ਭੁਲਾਈਂ, ਮੇਰੇ ਹਿਰਦੇ ਵਿਚ ਵੱਸਿਆ ਰਹੁ। ਹੇ ਮੇਰੇ ਗੋਬਿੰਦ ! ਮੇਰੀ ਪੂਰਬਲੀ ਪ੍ਰੀਤ ਨੂੰ ਚੇਤੇ ਰੱਖੀਂ। ੧। ਰਹਾਉ।

ਹੇ ਪ੍ਰਭੂ ! ਤੇਰਾ ਮੁੱਢ-ਕਦੀਮਾਂ ਦਾ ਸੁਭਾਉ ਹੈ ਕਿ ਤੂੰ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿੱਤਰ ਕਰ ਦੇਂਦਾ ਹੈਂ। ਹੇ ਪ੍ਰਭੂ ! ਮੇਰੇ ਐਬ (ਭੀ) ਆਪਣੇ ਹਿਰਦੇ ਵਿਚ ਨਾਂਹ ਰੱਖੀਂ। ਹੇ ਹਰੀ ! ਤੂੰ ਹੀ ਮੇਰੀ ਜਿੰਦ-ਜਾਨ ਹੈਂ, ਤੂੰ ਹੀ ਮੇਰਾ ਧਨ ਹੈਂ, ਤੂੰ ਹੀ ਮੇਰਾ ਸੁਖ ਹੈਂ। ਮੇਹਰ ਕਰ ਕੇ (ਮੇਰੇ ਅੰਦਰੋਂ) ਹਉਮੈ ਦਾ ਪਰਦਾ ਸਾੜ ਦੇ। ੧।

ਹੇ ਮੇਰੇ ਮਾਲਕ-ਪ੍ਰਭੂ ! ਪਾਣੀ ਤੋਂ ਬਿਨਾ ਮੱਛੀ ਕਦੇ ਜੀਊਂਦੀ ਨਹੀਂ ਰਹਿ ਸਕਦੀ। ਦੁੱਧ ਤੋਂ ਬਿਨਾ ਬੱਚਾ ਨਹੀਂ ਰਹਿ ਸਕਦਾ। (ਤਿਵੇਂ ਤੇਰੇ) ਦਾਸ ਨਾਨਕ ਨੂੰ

ਤੇਰੇ ਸੋਹਣੇ ਚਰਨਾਂ ਦੇ ਦਰਸ਼ਨ ਦੀ ਪਿਆਸ ਹੈ, ਦਰਸ਼ਨ ਕਰ ਕੇ (ਤੇਰੇ ਸੇਵਕ ਨੂੰ) ਸਾਰੇ ਹੀ ਸੁਖ ਪ੍ਰਾਪਤ ਹੋ ਜਾਂਦੇ ਹਨ। ੨। ੭। ੧੨੩।

ਬਿਲਾਵਲੁ ਮਹਲਾ ੫ ॥ ਆਗੈ ਪਾਛੈ ਕੁਸਲੁ ਭਇਆ ॥ ਗੁਰਿ ਪੂਰੈ ਪੂਰੀ ਸਭ ਰਾਖੀ ਪਾਰਬ੍ਰਹਮਿ ਪ੍ਰਭਿ ਕੀਨੀ ਮਇਆ ॥ ੧ ॥ ਰਹਾਉ ॥ ਮਨਿ ਤਨਿ ਰਵਿ ਰਹਿਆ ਹਰਿ ਪ੍ਰੀਤਮੁ ਦੂਖ ਦਰਦ ਸਗਲਾ ਮਿਟਿ ਗਇਆ ॥ ਸਾਂਤਿ ਸਹਜ ਆਨਦ ਗੁਣ ਗਾਏ ਦੂਤ ਦੁਸਟ ਸਭਿ ਹੋਏ ਖਇਆ ॥ ੧ ॥ ਗੁਨੁ ਅਵਗੁਨੁ ਪ੍ਰਭਿ ਕਛੁ ਨ ਬੀਚਾਰਿਓ ਕਰਿ ਕਿਰਪਾ ਅਪੁਨਾ ਕਰਿ ਲਇਆ ॥ ਅਤੁਲ ਬਡਾਈ ਅਚੁਤ ਅਬਿਨਾਸੀ ਨਾਨਕੁ ਉਚਰੈ ਹਰਿ ਕੀ ਜਇਆ ॥ ੨ ॥ ੮ ॥ ੧੨੪ ॥ [ਪੰਨਾ ੮੨੯]

ਪਦ ਅਰਥ :—ਆਗੈ—ਪਰਲੋਕ ਵਿਚ । ਪਾਛੈ—ਇਸ ਲੋਕ ਵਿਚ । ਕੁਸਲੁ—ਸੁਖ। ਭਇਆ—ਹੋ ਗਿਆ, ਹੋ ਜਾਂਦਾ ਹੈ । ਗੁਰਿ—ਗੁਰੂ ਨੇ । ਰਾਖੀ—(ਵਿਕਾਰਾਂ ਦੇ ਟਾਕਰੇ ਤੇ ਇੱਜ਼ਤ) ਰੱਖੀ। ਪਾਰਬ੍ਰਹਮਿ—ਪਾਰਬ੍ਰਹਮ ਨੇ। ਪ੍ਰਭਿ—ਪ੍ਰਭੂ ਨੇ । ਮਇਆ—ਦਇਆ। ੧। ਰਹਾਉ।

ਮਨਿ—ਮਨ ਵਿਚ। ਤਨਿ—ਤਨ ਵਿਚ। ਰਵਿ ਰਹਿਆ—ਹਰ ਵੇਲੇ ਮੌਜੂਦ ਰਹਿੰਦਾ ਹੈ। ਸਗਲਾ—ਸਾਰਾ। ਸਹਜ—ਆਤਮਕ ਅਡੋਲਤਾ। ਦੂਤ—ਵੈਰੀ। ਦੁਸਟ—ਭੈੜੇ ਵਿਕਾਰ। ਸਭਿ—ਸਾਰੇ। ਖਇਆ—ਖੈ, ਨਾਸ। ੧।

ਪ੍ਰਭਿ—ਪ੍ਰਭੂ ਨੇ। ਕਰਿ—ਕਰ ਕੇ। ਕਰਿ ਲਇਆ—ਬਣਾ ਲਿਆ, ਬਣਾ ਲੈਂਦਾ ਹੈ। ਅਤੁਲ—ਜੋ ਤੋਲੀ ਨਾਹ ਜਾ ਸਕੇ, ਜਿਸ ਦੇ ਬਰਾਬਰ ਦੀ ਹੋਰ ਕੋਈ ਚੀਜ਼ ਨਾਹ ਹੋਵੇ, ਬੇ-ਮਿਸਾਲ। ਅਚੁਤ—ਅੱਚੁਤ [च्युत—ਡਿੱਗਾ ਹੋਇਆ] ਜੋ ਡਿੱਗ ਨਾਹ ਸਕੇ, ਕਦੇ ਨਾਹ ਡਿੱਗ ਸਕਣ ਵਾਲਾ। ਨਾਨਕੁ ਉਚਰੈ—ਨਾਨਕ ਉਚਾਰਦਾ ਹੈ। ਜਇਆ—ਜੈ। ੨।

ਅਰਥ :—ਹੇ ਭਾਈ! ਜਿਸ ਮਨੁੱਖ ਉਤੇ ਪਾਰਬ੍ਰਹਮ ਨੇ ਪ੍ਰਭੂ ਨੇ ਮੇਹਰ ਕਰ ਦਿੱਤੀ, ('ਦੂਤ ਦੁਸਟ' ਦੇ ਟਾਕਰੇ ਤੇ) ਪੂਰੇ ਗੁਰੂ ਨੇ (ਜਿਸ ਮਨੁੱਖ ਦੀ) ਇੱਜ਼ਤ ਚੰਗੀ ਤਰ੍ਹਾਂ ਬਚਾ ਲਈ, ਉਸ ਮਨੁੱਖ ਵਾਸਤੇ ਇਸ ਲੋਕ ਵਿਚ ਅਤੇ ਪਰਲੋਕ ਵਿਚ ਸੁਖ ਬਣਿਆ ਰਹਿੰਦਾ ਹੈ। ੧। ਰਹਾਉ।

(ਹੇ ਭਾਈ ! ਜਿਸ ਮਨੁੱਖ ਦੀ ਇੱਜ਼ਤ ਪੂਰਾ ਗੁਰੂ ਬਚਾਂਦਾ ਹੈ, ਉਸ ਦੇ) ਮਨ ਵਿਚ ਹਿਰਦੇ ਵਿਚ ਪ੍ਰੀਤਮ ਹਰੀ ਹਰ ਵੇਲੇ ਵੱਸਿਆ ਰਹਿੰਦਾ ਹੈ, ਉਸ ਦੇ ਸਾਰੇ ਦੁੱਖ ਦਰਦ ਮਿਟ ਜਾਂਦੇ ਹਨ। ਉਹ (ਹਰ ਵੇਲੇ ਪ੍ਰਭੂ ਦੇ) ਗੁਣ ਗਾਂਦਾ ਰਹਿੰਦਾ ਹੈ (ਜਿਸ ਦੀ ਬਰਕਤ ਨਾਲ ਉਸ ਦੇ ਅੰਦਰ) ਸ਼ਾਂਤੀ ਅਤੇ ਅਡੋਲਤਾ ਦੇ ਆਨੰਦ ਬਣੇ ਰਹਿੰਦੇ ਹਨ, (ਕਾਮਾਦਿਕ)

ਸਾਰੇ (ਉਸ ਦੇ) ਦੋਖੀ ਵੈਰੀ ਨਾਸ ਹੋ ਜਾਂਦੇ ਹਨ। ੧।

(ਹੇ ਭਾਈ! ਪੂਰਾ ਗੁਰੂ ਜਿਸ ਮਨੁੱਖ ਦੀ ਇੱਜ਼ਤ ਬਚਾਂਦਾ ਹੈ) ਪਰਮਾਤਮਾ ਉਸ ਦਾ ਕੋਈ ਗੁਣ ਔਗਣ ਨਹੀਂ ਪੜਤਾਲਦਾ, ਮੇਹਰ ਕਰ ਕੇ ਉਸ ਨੂੰ ਪ੍ਰਭੂ ਆਪਣਾ (ਸੇਵਕ) ਬਣਾ ਲੈਂਦਾ ਹੈ। ਹੇ ਭਾਈ! ਅਟੱਲ ਅਤੇ ਅਬਿਨਾਸ਼ੀ ਪਰਮਾਤਮਾ ਦੀ ਤਾਕਤ ਬੇ-ਮਿਸਾਲ ਹੈ। ਨਾਨਕ ਸਦਾ ਉਸੇ ਪ੍ਰਭੂ ਦੀ ਜੈ ਜੈਕਾਰ ਉਚਾਰਦਾ ਰਹਿੰਦਾ ਹੈ। ੨। ੮। ੧੨੪।

ਬਿਲਾਵਲੁ ਮਹਲਾ ੫ ॥ ਬਿਨੁ ਭੈ ਭਗਤੀ ਤਰਨੁ ਕੈਸੇ ॥ ਕਰਹੁ ਅਨੁਗ੍ਰਹੁ ਪਤਿਤ ਉਧਾਰਨ ਰਾਖੁ ਸੁਆਮੀ ਆਪ ਭਰੋਸੇ ॥ ੧ ॥ ਰਹਾਉ ॥ ਸਿਮਰਨੁ ਨਹੀ ਆਵਤ, ਫਿਰਤ ਮਦ ਮਾਵਤ, ਬਿਖਿਆ ਰਾਤਾ ਸੁਆਨ ਜੈਸੇ ॥ ਅਉਧ ਬਿਹਾਵਤ ਅਧਿਕ ਮੋਹਾਵਤ ਪਾਪ ਕਮਾਵਤ ਬੁਡੇ ਐਸੇ॥ ੧॥ ਸਰਨਿ ਦੁਖ ਭੰਜਨ, ਪੁਰਖ ਨਿਰੰਜਨ, ਸਾਧੂ ਸੰਗਤਿ ਰਵਣੁ ਜੈਸੇ ॥ ਕੇਸਵ ਕਲੇਸ ਨਾਸ ਅਘ ਖੰਡਨ, ਨਾਨਕ ਜੀਵਤ ਦਰਸ ਦਿਸੇ ॥ ੨ ॥ ੯ ॥ ੧੨੫ ॥ [ਪੰਨਾ ੮੨੯]

ਪਦ ਅਰਥ :–ਭੈ ਬਿਨੁ–(ਸੰਬੰਧਕ 'ਬਿਨੁ' ਦੇ ਕਾਰਨ ਲਫ਼ਜ਼ 'ਭਉ' ਤੋਂ 'ਭੈ' ਬਣ ਗਿਆ ਹੈ] ਡਰ-ਅਦਬ ਤੋਂ ਬਿਨਾ। ਤਰਨੁ–ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ। ਕੈਸੇ–ਕਿਵੇਂ? ਅਨੁਗ੍ਰਹੁ–ਦਇਆ, ਕਿਰਪਾ। ਪਤਿਤ ਉਧਾਰਨ–ਹੇ ਵਿਕਾਰੀਆਂ ਨੂੰ ਬਚਾਣ ਵਾਲੇ! ਸੁਆਮੀ–ਹੇ ਮਾਲਕ! ਆਪ ਭਰੋਸੇ–ਆਪ ਦੇ ਆਸਰੇ, ਤੇਰੇ ਆਸਰੇ। ਰਾਖੁ–ਮਦਦ ਕਰ। ੧। ਰਹਾਉ।

ਨਹੀ ਆਵਤ–ਨਹੀਂ ਆਉਂਦਾ, ਜਾਚ ਨਹੀਂ। ਮਦ–ਨਸ਼ਾ। ਮਾਵਤੁ–ਮਸਤ। ਬਿਖਿਆ–ਮਾਇਆ। ਰਾਤਾ–ਰੰਗਿਆ ਹੋਇਆ, ਮਗਨ। ਸੁਆਨ ਜੈਸੇ–ਜਿਵੇਂ ਕੁੱਤਾ (ਭਟਕਦਾ ਫਿਰਦਾ ਹੈ)। ਅਉਧ–ਉਮਰ। ਅਧਿਕ–ਬਹੁਤ। ਮੋਹਾਵਤ–ਠੱਗਿਆ ਜਾਂਦਾ ਹੈ। ਬੁਡੇ–ਡੁੱਬਦੇ ਜਾਂਦੇ ਹਨ। ਐਸੇ–ਇਉਂ। ੧।

ਦੁਖ ਭੰਜਨ–ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਪੁਰਖ–ਹੇ ਸਰਬ-ਵਿਆਪਕ! ਨਿਰੰਜਨ–ਹੇ ਮਾਇਆ ਦੇ ਪ੍ਰਭਾਵ ਤੋਂ ਪਰੇ! ਰਵਣੁ–ਸਿਮਰਨ। ਜੈਸੇ–ਜਿਵੇਂ ਹੋ ਸਕੇ। ਕੇਸਵ–ਹੇ ਕੇਸ਼ਵ! ਹੇ ਸੋਹਣੇ ਕੇਸਾਂ ਵਾਲੇ [केशा: प्रशस्या: सन्ति अस्य]। ਕਲੇਸ ਨਾਸ–ਹੇ ਕਲੇਸ਼ਾਂ ਦੇ ਨਾਸ ਕਰਨ ਵਾਲੇ! ਅਘ ਖੰਡਨ–ਹੇ ਪਾਪਾਂ ਦੇ ਨਾਸ ਕਰਨ ਵਾਲੇ! ਦਿਸੇ–ਦਿੱਸਿਆਂ। ੨।

ਅਰਥ :–ਹੇ ਭਾਈ! ਪਰਮਾਤਮਾ ਦਾ ਡਰ-ਅਦਬ ਮਨ ਵਿਚ ਵਸਾਣ ਤੋਂ ਬਿਨਾ,

ਭਗਤੀ ਕਰਨ ਤੋਂ ਬਿਨਾ ਸੰਸਾਰ-ਸਮੁੰਦਰ ਤੋਂ ਪਾਰ-ਉਤਾਰਾ ਨਹੀਂ ਹੋ ਸਕਦਾ। ਹੇ ਵਿਕਾਰੀਆਂ ਨੂੰ ਵਿਕਾਰਾਂ ਤੋਂ ਬਚਾਣ ਵਾਲੇ ਸੁਆਮੀ! (ਮੇਰੇ ਉਤੇ) ਮੇਹਰ ਕਰ, ਮੈਨੂੰ (ਇਹਨਾਂ ਵਿਕਾਰਾਂ ਤੋਂ) ਬਚਾਈ ਰੱਖ, ਮੈਂ ਤੇਰੇ ਹੀ ਆਸਰੇ ਹਾਂ। ੧। ਰਹਾਉ।

(ਹੇ ਪ੍ਰਭੂ! ਤੇਰੀ ਮੇਹਰ ਤੋਂ ਬਿਨਾ ਜੀਵ ਨੂੰ ਤੇਰਾ) ਸਿਮਰਨ ਕਰਨ ਦੀ ਜਾਚ ਨਹੀਂ ਆਉਂਦੀ, ਮਾਇਆ ਦੇ ਨਸ਼ੇ ਵਿਚ ਮਸਤ ਭਟਕਦਾ ਹੈ, ਮਾਇਆ (ਦੇ ਰੰਗ) ਵਿਚ ਰੰਗਿਆ ਹੋਇਆ ਜੀਵ ਇਉਂ ਫਿਰਦਾ ਹੈ ਜਿਵੇਂ (ਹਲਕਿਆ) ਕੁੱਤਾ। ਹੇ ਪ੍ਰਭੂ! ਜਿਉਂ ਜਿਉਂ ਉਮਰ ਬੀਤਦੀ ਹੈ, ਜੀਵ (ਵਿਕਾਰਾਂ ਦੀ ਹੱਥੀਂ) ਵਧੀਕ ਲੁੱਟੇ ਜਾਂਦੇ ਹਨ, ਬੱਸ! ਇਉਂ ਹੀ ਪਾਪ ਕਰਦੇ ਕਰਦੇ ਸੰਸਾਰ-ਸਮੁੰਦਰ ਵਿਚ ਡੁੱਬਦੇ ਜਾਂਦੇ ਹਨ। ੧।

ਹੇ ਨਾਨਕ! (ਆਖ–)ਹੇ ਦੁੱਖਾਂ ਦੇ ਨਾਸ ਕਰਨ ਵਾਲੇ! ਹੇ ਸਰਬ ਵਿਆਪਕ! ਹੇ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ! (ਮੇਹਰ ਕਰ, ਤਾ ਕਿ) ਜਿਵੇਂ ਭੀ ਹੋ ਸਕੇ (ਤੇਰਾ ਦਾਸ) ਸਾਧ ਸੰਗਤਿ ਵਿਚ (ਟਿਕ ਕੇ ਤੇਰਾ) ਸਿਮਰਨ ਕਰਦਾ ਰਹੇ। ਹੇ ਕੇਸ਼ਵ! ਹੇ ਕਲੇਸ਼ਾਂ ਦੇ ਨਾਸ ਕਰਨ ਵਾਲੇ! ਹੇ ਪਾਪਾਂ ਦੇ ਨਾਸ ਕਰਨ ਵਾਲੇ! (ਤੇਰਾ ਦਾਸ) ਨਾਨਕ ਤੇਰਾ ਦਰਸ਼ਨ ਕਰ ਕੇ ਹੀ ਆਤਮਕ ਜੀਵਨ ਹਾਸਲ ਕਰਦਾ ਹੈ। ੨। ੯। ੧੨੫।

ਰਾਗੁ ਬਿਲਾਵਲੁ ਮਹਲਾ ੫ ਦੁਪਦੇ ਘਰੁ ੯

੧ ਓ ਸਤਿਗੁਰਪ੍ਰਸਾਦਿ ॥ ਆਪਹਿ ਮੇਲਿ ਲਏ ॥ ਜਬ ਤੇ ਸਰਨਿ ਤੁਮ੍ਾਰੀ ਆਏ ਤਬ ਤੇ ਦੋਖ ਗਏ ॥ ੧ ॥ ਰਹਾਉ ॥ ਤਜਿ ਅਭਿਮਾਨੁ ਅਰੁ ਚਿੰਤ ਬਿਰਾਨੀ ਸਾਧਹ ਸਰਨ ਪਏ ॥ ਜਪਿ ਜਪਿ ਨਾਮੁ ਤੁਮ੍ਾਰੋ ਪ੍ਰੀਤਮ ਤਨ ਤੇ ਰੋਗ ਖਏ ॥ ੧ ॥ ਮਹਾ ਮੁਗਧ ਅਜਾਨ ਅਗਿਆਨੀ ਰਾਖੇ ਧਾਰਿ ਦਏ ॥ ਕਹੁ ਨਾਨਕ ਗੁਰੁ ਪੂਰਾ ਭੇਟਿਓ ਆਵਨ ਜਾਨ ਰਹੇ ॥੨॥੧॥੧੨੬॥ [੮੨੯]

ਪਦ ਅਰਥ :–ਆਪਹਿ–ਆਪਿ ਹੀ [ਕ੍ਰਿਆ ਵਿਸ਼ੇਸ਼ਣ 'ਹਿ,ਹੀ ਦੇ ਕਾਰਨ ਲਫ਼ਜ਼ 'ਆਪਿ' ਦੀ 'ਿ' ਉੱਡ ਜਾਂਦੀ ਹੈ]। ਤੇ–ਤੋਂ। ਦੋਖ–ਐਬ ਵਿਕਾਰ।੧। ਰਹਾਉ।

ਅਰੁ–ਅਤੇ। ਤਜਿ–ਤਿਆਗ ਕੇ।ਚਿੰਤ ਬਿਰਾਨੀ–ਬਿਗਾਨੀ ਆਸ ਦਾ ਖ਼ਿਆਲ। ਸਾਧਹ–ਸੰਤ ਜਨਾਂ ਦੀ। ਜਪਿ–ਜਪਿ ਕੇ। ਪ੍ਰੀਤਮ–ਹੇ ਪ੍ਰੀਤਮ! ਖਏ–ਨਾਸ ਹੋ ਗਏ ਹਨ। ੧।

ਮੁਗਧ–ਮੂਰਖ। ਦਏ–ਦਇਆ। ਧਾਰਿ–ਧਾਰ ਕੇ,ਕਰ ਕੇ। ਭੇਟਿਓ–ਮਿਲਿਆ। ਰਹੇ–ਮੁੱਕ ਗਏ। ੨।

ਅਰਥ :–ਹੇ ਪ੍ਰਭੂ! ਜਦੋਂ ਤੋਂ (ਜਿਹੜੇ ਮਨੁੱਖ) ਤੇਰੀ ਸਰਨ ਆਉਂਦੇ ਹਨ, ਤਦੋਂ

ਤੋਂ (ਉਹਨਾਂ ਦੇ ਸਾਰੇ) ਪਾਪ ਦੂਰ ਹੋ ਜਾਂਦੇ ਹਨ, ਕਿਉਂਕਿ ਤੂੰ ਆਪ ਹੀ ਉਹਨਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈਂ। ੧। ਰਹਾਉ।

(ਹੇ ਪ੍ਰਭੂ! ਜਿਨ੍ਹਾਂ ਨੂੰ ਤੂੰ ਆਪਣੇ ਚਰਨਾਂ ਵਿਚ ਜੋੜਦਾ ਹੈਂ, ਉਹ ਮਨੁੱਖ) ਅਹੰਕਾਰ ਛੱਡ ਕੇ ਅਤੇ ਬਿਗਾਨੀ ਆਸ ਦਾ ਖ਼ਿਆਲ ਛੱਡ ਕੇ ਸੰਤ ਜਨਾਂ ਦੀ ਸਰਨ ਆ ਪੈਂਦੇ ਹਨ, ਅਤੇ, ਹੇ ਪ੍ਰੀਤਮ! ਸਦਾ ਤੇਰਾ ਨਾਮ ਜਪ ਜਪ ਕੇ ਉਹਨਾਂ ਦੇ ਸਰੀਰ ਵਿਚੋਂ ਸਾਰੇ ਰੋਗ ਨਾਸ ਹੋ ਜਾਂਦੇ ਹਨ। ੧।

(ਹੇ ਪ੍ਰਭੂ! ਜੇਹੜੇ ਮਨੁੱਖ ਤੇਰੀ ਕਿਰਪਾ ਨਾਲ ਸੰਤ ਜਨਾਂ ਦੀ ਸ਼ਰਨੀ ਪੈਂਦੇ ਹਨ, ਉਹਨਾਂ) ਵਡੇ ਵਡੇ ਮੂਰਖਾਂ ਅੰਞਾਣਾਂ ਅਤੇ ਅਗਿਆਨੀਆਂ ਨੂੰ ਭੀ ਤੂੰ ਦਇਆ ਕਰ ਕੇ (ਵਿਕਾਰਾਂ ਰੋਗਾਂ ਤੋਂ) ਬਚਾ ਲੈਂਦਾ ਹੈਂ। ਹੇ ਨਾਨਕ! ਆਖ—(ਹੇ ਭਾਈ! ਜਿਨ੍ਹਾਂ ਮਨੁੱਖਾਂ ਨੂੰ) ਪੂਰਾ ਗੁਰੂ ਮਿਲ ਪੈਂਦਾ ਹੈ, (ਉਹਨਾਂ ਦੇ) ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ। ੨। ੧। ੧੨੬।

ਨੋਟ! ਨਵੇਂ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ।

ਬਿਲਾਵਲੁ ਮਹਲਾ ੫ ॥ ਜੀਵਉ ਨਾਮੁ ਸੁਨੀ ॥ ਜਉ ਸੁਪ੍ਰਸੰਨ ਭਏ ਗੁਰ ਪੂਰੇ ਤਬ ਮੇਰੀ ਆਸ ਪੁਨੀ ॥ ੧ ॥ ਰਹਾਉ ॥ ਪੀਰ ਗਈ ਬਾਧੀ ਮਨਿ ਧੀਰਾ ਮੋਹਿਓ ਅਨਦ ਧੁਨੀ ॥ ਉਪਜਿਓ ਚਾਉ ਮਿਲਨ ਪ੍ਰਭ ਪ੍ਰੀਤਮ ਰਹਨੁ ਨ ਜਾਇ ਖਿਨੀ ॥੧॥ ਅਨਿਕ ਭਗਤ ਅਨਿਕ ਜਨ ਤਾਰੇ ਸਿਮਰਹਿ ਅਨਿਕ ਮੁਨੀ ॥ ਅੰਧੁਲੇ ਟਿਕ ਨਿਰਧਨ ਧਨੁ ਪਾਇਓ ਪ੍ਰਭ ਨਾਨਕ ਅਨਿਕ ਗੁਨੀ ॥ ੨ ॥ ੨॥ ੧੨੭ ॥ [ਪੰਨਾ ੮੨੯]

ਪਦ ਅਰਥ :—ਜੀਵਉ—ਜੀਵਉਂ, ਮੈਂ ਜੀਊ ਪੈਂਦਾ ਹਾਂ, ਮੈਨੂੰ ਆਤਮਕ ਜੀਵਨ ਮਿਲ ਜਾਂਦਾ ਹੈ। ਸੁਨੀ—ਸੁਨਿ, ਸੁਣ ਕੇ। ਜਉ— ਜਦੋਂ। ਪੁਨੀ—ਪੁੱਗ ਜਾਂਦੀ ਹੈ, ਪੂਰੀ ਹੋ ਜਾਂਦੀ ਹੈ। ੧। ਰਹਾਉ।

ਪੀਰ—ਪੀੜ। ਬਾਧੀ—ਬੱਝ ਗਈ। ਮਨਿ—ਮਨ ਵਿਚ। ਧੀਰਾ—ਧੀਰਜ। ਅਨਦ ਧੁਨੀ—ਆਨੰਦ ਦੀ ਰੌ ਨਾਲ। ਖਿਨੀ-ਇਕ ਖਿਨ ਵਾਸਤੇ ਭੀ। ੧।

ਸਿਮਰਹਿ—ਸਿਮਰਦੇ ਹਨ। ਟਿਕ—ਟੇਕ, ਸਹਾਰਾ। ਨਿਰਧਨ—ਕੰਗਾਲ। ਅਨਿਕ ਗੁਨੀ—ਹੇ ਅਨੇਕਾਂ ਗੁਣਾਂ ਦੇ ਮਾਲਕ! ੨।

ਅਰਥ :—(ਹੇ ਭਾਈ! ਪਰਮਾਤਮਾ ਦਾ) ਨਾਮ ਸੁਣ ਕੇ ਮੇਰੇ ਅੰਦਰ ਆਤਮਕ ਜੀਵਨ ਪੈਦਾ ਹੋ ਜਾਂਦਾ ਹੈ (ਪਰ ਪ੍ਰਭੂ ਦਾ ਨਾਮ ਸਿਮਰਨ ਦੀ) ਇਹ ਮੇਰੀ ਆਸ ਤਦੋਂ ਪੂਰੀ ਹੁੰਦੀ ਹੈ ਜਦੋਂ ਪੂਰਾ ਗੁਰੂ (ਮੇਰੇ ਉੱਤੇ) ਬਹੁਤ ਪ੍ਰਸੰਨ ਹੁੰਦਾ ਹੈ। ੧। ਰਹਾਉ।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਦੋਂ ਮੈਂ ਨਾਮ ਜਪਦਾ ਹਾਂ, ਮੇਰੇ ਅੰਦਰੋਂ) ਪੀੜ ਦੂਰ ਹੋ ਜਾਂਦੀ ਹੈ, ਮੇਰੇ ਵਿਚ ਹੌਸਲਾ ਬਣ ਜਾਂਦਾ ਹੈ, ਮੈਂ (ਆਪਣੇ ਅੰਦਰ ਪੈਦਾ ਹੋਏ) ਆਤਮਕ ਆਨੰਦ ਦੀ ਰੌ ਨਾਲ ਮਸਤ ਹੋ ਜਾਂਦਾ ਹਾਂ, ਮੇਰੇ ਅੰਦਰ ਪ੍ਰੀਤਮ ਪ੍ਰਭੂ ਨੂੰ ਮਿਲਨ ਦਾ ਚਾਉ ਪੈਦਾ ਹੋ ਜਾਂਦਾ ਹੈ, (ਉਹ ਚਾਉ ਇਤਨਾ ਤੀਬਰ ਹੋ ਜਾਂਦਾ ਹੈ ਕਿ ਪ੍ਰਭੂ ਦੇ ਮਿਲਾਪ ਤੋਂ ਬਿਨਾ) ਇਕ ਖਿਨ ਭੀ ਰਿਹਾ ਨਹੀਂ ਜਾ ਸਕਦਾ।੧।

ਹੇ ਮਾਲਕ! (ਆਖ–) ਹੇ ਅਨੇਕਾਂ ਗੁਣਾਂ ਦੇ ਮਾਲਕ ਪ੍ਰਭੂ! (ਤੇਰਾ ਨਾਮ) ਅੰਨ੍ਹੇ ਮਨੁੱਖ ਨੂੰ, ਮਾਨੋ, ਡੰਗੋਰੀ ਮਿਲ ਜਾਂਦੀ ਹੈ, ਕੰਗਾਲ ਨੂੰ ਧਨ ਮਿਲ ਜਾਂਦਾ ਹੈ। ਹੇ ਪ੍ਰਭੂ! ਅਨੇਕਾਂ ਹੀ ਰਿਸ਼ੀ ਮੁਨੀ ਤੇਰਾ ਨਾਮ ਸਿਮਰਦੇ ਹਨ। (ਸਿਮਰਨ ਕਰਨ ਵਾਲੇ) ਅਨੇਕਾਂ ਹੀ ਭਗਤ ਅਨੇਕਾਂ ਹੀ ਸੇਵਕ, ਹੇ ਪ੍ਰਭੂ! ਤੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦਿੱਤੇ ਹਨ।੨।੨।੧੨੭।

ਰਾਗੁ ਬਿਲਾਵਲੁ ਮਹਲਾ ੫ ਘਰੁ ੧੩ ਪੜਤਾਲ

੧ਓ ਸਤਿਗੁਰ ਪ੍ਰਸਾਦਿ ॥ ਮੋਹਨ ਨੀਦ ਨ ਆਵੈ ਹਾਵੈ, ਹਾਰ ਕਜਰ ਬਸਤ੍ਰ ਅਭਰਨ ਕੀਨੇ ॥ ਉਡੀਨੀ ਉਡੀਨੀ ਉਡੀਨੀ ॥ ਕਬ ਘਰਿ ਆਵੈ ਰੀ ॥ ੧ ॥ ਰਹਾਉ ॥ ਸਰਨਿ ਸੁਹਾਗਨਿ ਚਰਨ ਸੀਸੁ ਧਰਿ ਲਾਲਨੁ ਮੋਹਿ ਮਿਲਾਵਹੁ ॥ ਕਬ ਘਰਿ ਆਵੈ ਰੀ ॥ ੧ ॥ ਸੁਨਹੁ ਸਹੇਰੀ ਮਿਲਨ ਬਾਤ ਕਹਉ ਸਗਰੋ ਅਹੰ ਮਿਟਾਵਹੁ॥ਤਉ ਘਰ ਹੀ ਲਾਲਨੁ ਪਾਵਹੁ ॥ ਤਸ ਰਸ ਮੰਗਲ ਗੁਨ ਗਾਵਹੁ ॥ ਆਨਦ ਰੂਪ ਧਿਆਵਹੁ ॥ ਨਾਨਕੁ ਦੁਆਰੈ ਆਇਓ ॥ ਤਉ ਮੈ ਲਾਲਨੁ ਪਾਇਓ ਰੀ ॥ ੨ ॥ ਮੋਹਨ ਰੂਪੁ ਦਿਖਾਵੈ ॥ ਅਬ ਮੋਹਿ ਨੀਦ ਸੁਹਾਵੈ ॥ ਸਭ ਮੇਰੀ ਤਿਖਾ ਬੁਝਾਨੀ ॥ ਅਬ ਮੈ ਸਹਜਿ ਸਮਾਨੀ ॥ ਮੀਠੀ ਪਿਰਹਿ ਕਹਾਨੀ ॥ ਮੋਹਨੁ ਲਾਲਨੁ ਪਾਇਓ ਰੀ ॥ ਰਹਾਉ ਦੂਜਾ ॥ ੧ ॥ ੧੨੮ ॥ [ਪੰਨਾ ੮੩੦]

ਪਦ ਅਰਥ :–ਮੋਹਨ–ਹੇ ਮੋਹਨ! ਹੇ ਪਿਆਰੇ ਪ੍ਰਭੂ! ਹਾਵੈ–ਹਾਹੁਕੇ ਵਿਚ। ਕਜਰ–ਕੱਜਲ। ਅਭਰਨ–ਆਭਰਨ, ਗਹਿਣੇ। ਉਡੀਨੀ–ਉਦਾਸ, (ਉਡੀਕ ਵਿਚ)। ਘਰਿ–ਘਰ ਵਿਚ। ਰੀ–ਹੇ ਭੈਣ! ਹੇ ਸੁਹਾਗਣ ਭੈਣ! ੧। ਰਹਾਉ।

ਸੁਹਾਗਨਿ–ਗੁਰਮੁਖਿ ਸਹੇਲੀ, ਗੁਰੂ। ਸੀਸੁ–ਸਿਰ। ਧਰਿ–ਧਰ ਕੇ। ਲਾਲਨੁ–ਸੋਹਣਾ ਲਾਲ। ਮੋਹਿ–ਮੈਨੂੰ। ਘਰਿ–ਹਿਰਦੇ-ਘਰ ਵਿਚ।੧।

ਸਹੇਲੀ–ਹੇ ਸਹੇਲੀ! ਮਿਲਨ ਬਾਤ–ਮਿਲਣ ਦੀ ਗੱਲ। ਕਹਉ–ਕਹਉਂ, ਮੈਂ ਦੱਸਦੀ ਹਾਂ। ਸਗਰੋ–ਸਾਰਾ। ਅਹੰ–ਅਹੰਕਾਰ। ਤਉ–ਤਦੋਂ। ਘਰ ਹੀ–ਘਰਿ ਹੀ,

ਘਰ ਵਿਚ ਹੀ [ਲਫ਼ਜ਼ 'ਘਰਿ' ਦੀ ਿ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ]। ਰਸ—ਆਨੰਦ। ਮੰਗਲ—ਖ਼ੁਸ਼ੀ। ਆਨਦ ਰੂਪੁ—ਉਹ ਪ੍ਰਭੂ ਜੋ ਨਿਰੋਲ ਆਨੰਦ ਹੀ ਆਨੰਦ ਹੈ। ਨਾਨਕੁ ਆਇਓ—ਨਾਨਕ ਆਇਆ ਹੈ। ਦੁਆਰੈ—ਦਰ ਤੇ। ੨।

ਰੂਪੁ ਦਿਖਾਵੈ—ਦਰਸ਼ਨ ਦੇਂਦਾ ਹੈ, ਆਪਣਾ ਰੂਪ ਵਿਖਾਂਦਾ ਹੈ। ਮੋਹਿ—ਮੈਨੂੰ। ਨੀਦ—(ਮਾਇਆ ਦੇ ਮੋਹ ਵਲੋਂ) ਬੇ-ਪਰਵਾਹੀ। ਸੁਹਾਵੈ—ਸੁਖਾਂਦੀ ਹੈ। ਤਿਖਾ—ਤ੍ਰਿਸ਼ਨਾ, ਮਾਇਆ ਦੀ ਤ੍ਰੇਹ। ਸਹਜਿ—ਆਤਮਕ ਅਡੋਲਤਾ ਵਿਚ। ਪਿਰਹਿ—ਪਿਰ ਦੀ, ਪ੍ਰਭੂ-ਪਤੀ ਦੀ। ਰਹਾਉ ਦੂਜਾ। ੧। ੧੨੯।

ਨੋਟ—ਨਵੇਂ ਸੰਗ੍ਰਹ ਦਾ ਇਹ ਪਹਿਲਾ ਸ਼ਬਦ ਹੈ। ਪਹਿਲੇ 'ਰਹਾਉ' ਵਿਚ ਪ੍ਰਸ਼ਨ ਕੀਤਾ ਸੀ ਕਿ 'ਕਬ ਘਰਿ ਆਵੈ ਰੀ'। ਬੰਦ ਨੰ: ੨ ਵਿਚ ਮਿਲਾਪ ਦਾ ਤਰੀਕਾ ਦੱਸਿਆ ਹੈ, ਦੂਜੇ 'ਰਹਾਉ' ਵਿਚ ਉੱਤਰ ਦਿੱਤਾ ਹੈ ਕਿ 'ਅਹੰ' ਮਿਟਾਇਆਂ 'ਮੋਹਨੁ ਲਾਲਨੁ ਪਾਇਓ ਰੀ'। ਇਹ ਸ਼ਬਦ ਦੋ ਬੰਦਾਂ ਵਾਲਾ ਹੀ ਹੈ।

ਪੜਤਾਲ—ਪਟਹ ਤਾਲ [ਪਟਹ—ਢੋਲ] ਢੋਲ ਦੇ ਵੱਜਣ ਵਾਂਗ ਖੜਕਵਾਂ ਤਾਲ।

ਅਰਥ :—ਹੇ ਮੋਹਨ-ਪ੍ਰਭੂ ! (ਜਿਵੇਂ ਪਤੀ ਤੋਂ ਵਿਛੁੜੀ ਹੋਈ ਇਸਤ੍ਰੀ ਭਾਵੇਂ ਜੀਕਰ) ਹਾਰ, ਕੱਜਲ, ਕਪੜੇ, ਗਹਿਣੇ ਪਾਂਦੀ ਹੈ, (ਪਰ ਵਿਛੋੜੇ ਦੇ ਕਾਰਨ) ਹਾਹੁਕੇ ਵਿਚ (ਉਸ ਨੂੰ) ਨੀਂਦ ਨਹੀਂ ਆਉਂਦੀ, (ਪਤੀ ਦੀ ਉਡੀਕ ਵਿਚ ਉਹ) ਹਰ ਵੇਲੇ ਉਦਾਸ ਉਦਾਸ ਰਹਿੰਦੀ ਹੈ, (ਤੇ ਸਹੇਲੀ ਪਾਸੋਂ ਪੁੱਛਦੀ ਹੈ—) ਹੇ ਭੈਣ! (ਮੇਰਾ ਪਤੀ) ਕਦੋਂ ਘਰ ਆਵੇਗਾ (ਇਸੇ ਤਰ੍ਹਾਂ, ਹੇ ਮੋਹਨ! ਤੈਥੋਂ ਵਿਛੁੜ ਕੇ ਮੈਨੂੰ ਸ਼ਾਂਤੀ ਨਹੀਂ ਆਉਂਦੀ)। ੧। ਰਹਾਉ।

ਹੇ ਮੋਹਨ ਪ੍ਰਭੂ ! ਮੈਂ ਗੁਰਮੁਖ ਸੁਹਾਗਣ ਦੀ ਸਰਨ ਪੈਂਦੀ ਹਾਂ, ਉਸ ਦੇ ਚਰਨਾਂ ਉਤੇ (ਆਪਣਾ) ਸਿਰ ਧਰ ਕੇ (ਪੁੱਛਦੀ ਹਾਂ—) ਹੇ ਭੈਣ ! ਮੈਨੂੰ ਸੋਹਣਾ ਲਾਲ ਮਿਲਾ ਦੇ (ਦੱਸ,ਉਹ) ਕਦੋਂ ਮੇਰੇ ਹਿਰਦੇ-ਘਰ ਵਿਚ ਆਵੇਗਾ। ੧।

(ਸੁਹਾਗਣ ਆਖਦੀ ਹੈ—) ਹੇ ਸਹੇਲੀਏ ! ਸੁਣ, ਮੈਂ ਤੈਨੂੰ ਮੋਹਨ-ਪ੍ਰਭੂ ਦੇ ਮਿਲਣ ਦੀ ਗੱਲ ਸੁਣਾਂਦੀ ਹਾਂ। ਤੂੰ (ਆਪਣੇ ਅੰਦਰੋਂ) ਸਾਰਾ ਅਹੰਕਾਰ ਦੂਰ ਕਰ ਦੇ। ਤਦੋਂ ਤੂੰ ਆਪਣੇ ਹਿਰਦੇ-ਘਰ ਵਿਚ ਹੀ ਉਸ ਸੋਹਣੇ ਲਾਲ ਨੂੰ ਲੱਭ ਲਏਂਗੀ। (ਹਿਰਦੇ-ਘਰ ਵਿਚ ਉਸ ਦਾ ਦਰਸ਼ਨ ਕਰ ਕੇ) ਫਿਰ ਤੂੰ ਖ਼ੁਸ਼ੀ ਆਨੰਦ ਪੈਦਾ ਕਰਨ ਵਾਲੇ ਹਰਿ-ਗੁਣ ਗਾਇਆ ਕਰੀਂ, ਅਤੇ ਉਸ ਪ੍ਰਭੂ ਦਾ ਸਿਮਰਨ ਕਰਿਆ ਕਰੀਂ ਜੋ ਨਿਰਾ ਆਨੰਦ ਹੀ ਆਨੰਦ-ਰੂਪ ਹੈ।

ਹੇ ਭੈਣ ! ਨਾਨਕ (ਭੀ ਉਸ ਗੁਰੂ ਦੇ) ਦਰ ਤੇ ਆ ਗਿਆ ਹੈ, (ਗੁਰੂ ਦੇ ਦਰ ਤੇ

ਆ ਕੇ) ਮੈਂ (ਨਾਨਕ ਨੇ ਹਿਰਦੇ-ਘਰ ਵਿਚ ਹੀ) ਸੋਹਣਾ ਲਾਲ ਲੱਭ ਲਿਆ ਹੈ । ੨ ।

ਹੇ ਭੈਣ ! (ਹੁਣ) ਮੋਹਨ ਪ੍ਰਭੂ ਮੈਨੂੰ ਦਰਸਨ ਦੇ ਰਿਹਾ ਹੈ, ਹੁਣ (ਮਾਇਆ ਦੇ ਮੋਹ ਵਲੋਂ ਪੈਦਾ ਹੋਈ) ਉਪਰਾਮਤਾ ਮੈਨੂੰ ਮਿੱਠੀ ਲੱਗ ਰਹੀ ਹੈ, ਮੇਰੀ ਸਾਰੀ ਮਾਇਆ ਦੀ ਤ੍ਰਿਸ਼ਨਾ ਮਿਟ ਗਈ ਹੈ । ਹੁਣ ਮੈਂ ਆਤਮਕ ਅਡੋਲਤਾ ਵਿਚ ਟਿਕ ਗਈ ਹਾਂ। ਪ੍ਰਭੂ-ਪਤੀ ਦੀਆਂ ਸਿਫ਼ਤਿ-ਸਾਲਾਹ ਦੀਆਂ ਗੱਲਾਂ ਮੈਨੂੰ ਪਿਆਰੀਆਂ ਲੱਗ ਰਹੀਆਂ ਹਨ । ਹੇ ਭੈਣ ! ਹੁਣ ਮੈਂ ਸੋਹਣਾ ਲਾਲ ਮੋਹਣ ਲੱਭ ਲਿਆ ਹੈ । ਰਹਾਉ ਦੂਜਾ । ੧ । ੧੨੮ ।

ਬਿਲਾਵਲੁ ਮਹਲਾ ੫ ॥ ਮੋਰੀ ਅਹੰ ਜਾਇ ਦਰਸਨ ਪਾਵਤ ਹੇ ॥ ਰਾਚਹੁ ਨਾਥ ਹੀ ਸਹਾਈ ਸੰਤਨਾ ॥ ਅਬ ਚਰਨ ਗਹੇ ॥੧॥ਰਹਾਉ॥ਆਹੇ ਮਨ ਅਵਰੁ ਨ ਭਾਵੈ ਚਰਨਾਵੈ ਚਰਨਾਵੈ ਉਲਝਿਓ ਅਲਿ ਮਕਰੰਦ ਕਮਲ ਜਿਉ ॥ ਅਨ ਰਸ ਨਹੀ ਚਾਹੈ ਏਕੈ ਹਰਿ ਲਾਹੈ ॥ ੧ ॥ ਅਨ ਤੇ ਟੂਟੀਐ ਰਿਖ ਤੇ ਛੂਟੀਐ ॥ ਮਨ ਹਰਿ ਰਸ ਘੂਟੀਐ ਸੰਗਿ ਸਾਧੂ ਉਲਟੀਐ ॥ ਅਨ ਨਾਹੀ ਨਾਹੀ ਰੇ॥ਨਾਨਕ ਪ੍ਰੀਤਿ ਚਰਨ ਚਰਨ ਹੇ ॥੨॥੨॥੧੨੯॥ [੮੩੦]

ਪਦ ਅਰਥ :—ਮੋਰੀ—ਮੇਰੀ । ਅਹੰ—ਹਉਮੈ । ਜਾਇ—ਦੂਰ ਹੋ ਜਾਂਦੀ ਹੈ । ਰਾਚਹੁ—ਰਚੇ ਰਹੋ, ਮਿਲੇ ਰਹੋ । ਸਹਾਈ ਸੰਤਨਾ—ਸੰਤਾਂ ਦੇ ਸਹਾਈ । ਅਬ—ਹੁਣ । ਗਹੇ—ਫੜੇ ਹਨ । ੧ । ਰਹਾਉ ।

ਆਹੇ—ਚਾਹੁੰਦਾ ਹੈ, ਪਸੰਦ ਕਰਦਾ ਹੈ ।ਮਨ ਨ ਭਾਵੈ—ਮਨ ਨੂੰ ਚੰਗਾ ਨਹੀਂ ਲੱਗਦਾ [ਲਫ਼ਜ਼ 'ਮਨ' ਸੰਪ੍ਰਦਾਨ ਕਾਰਕ, ਇਕ ਵਚਨ] । ਅਵਰੁ—ਕੋਈ ਹੋਰ ਪਦਾਰਥ । ਚਰਨਾਵੈ—ਚਰਨਾਂ ਵਲ ਹੀ ਆਉਂਦਾ ਹੈ । ਅਲਿ—ਭੌਰਾ । ਮਕਰੰਦ—ਫੁੱਲ ਦੀ ਧੂੜੀ । ਅਨ—[अन्य] ਹੋਰ । ਲਾਹੈ—ਲੱਭਦਾ ਹੈ । ੧ ।

ਤੇ—ਤੋਂ । ਅਨ ਤੇ—ਹੋਰ (ਪਦਾਰਥਾਂ ਦੇ ਮੋਹ) ਤੋਂ । ਟੂਟੀਐ—ਸੰਬੰਧ ਤੋੜ ਲਈਦਾ ਹੈ । ਰਿਖ—[हृषीक] ਇੰਦ੍ਰੇ । ਛੂਟੀਐ—(ਪਕੜ ਤੋਂ) ਖਲਾਸੀ ਪ੍ਰਾਪਤ ਕਰ ਲਈਦੀ ਹੈ। ਘੂਟੀਐ—ਚੁੰਘੀਦਾ ਹੈ । ਸਾਧੂ—ਗੁਰੂ । ਸੰਗਿ—ਸੰਗਤਿ ਵਿਚ । ਉਲਟੀਐ—(ਬ੍ਰਿਤੀ) ਪਰਤ ਜਾਂਦੀ ਹੈ । ਰੇ—ਹੇ ਭਾਈ ! ੨ ।

ਅਰਥ :—ਹੇ ਭਾਈ ! ਸੰਤਾਂ ਦੇ ਸਹਾਈ ਖਸਮ-ਪ੍ਰਭੂ ਦੇ ਚਰਨਾਂ ਵਿਚ ਸਦਾ ਜੁੜੇ ਰਹੋ। ਮੈਂ ਤਾਂ ਹੁਣ ਉਸੇ ਦੇ ਹੀ ਚਰਨ ਫੜ ਲਏ ਹਨ । ਖਸਮ-ਪ੍ਰਭੂ ਦਾ ਦਰਸ਼ਨ ਕਰਨ ਨਾਲ ਮੇਰੀ ਹਉਮੈ ਦੂਰ ਹੋ ਗਈ ਹੈ । ੧ । ਰਹਾਉ ।

(ਹੇ ਭਾਈ ! ਪ੍ਰਭੂ ਦੇ ਦਰਸ਼ਨ ਦੀ ਬਰਕਤ ਨਾਲ) ਮੇਰੇ ਮਨ ਨੂੰ ਹੋਰ ਕੁਝ ਭੀ ਚੰਗਾ ਨਹੀਂ ਲੱਗਦਾ, (ਪ੍ਰਭੂ ਦੇ ਦਰਸ਼ਨ ਨੂੰ ਹੀ) ਤਾਂਘਦਾ ਰਹਿੰਦਾ ਹੈ। ਜਿਵੇਂ ਭੌਰਾ ਕੌਲ-ਫੁੱਲ

ਦੀ ਧੂੜੀ ਵਿਚ ਲਪਟਿਆ ਰਹਿੰਦਾ ਹੈ, ਤਿਵੇਂ ਮੇਰਾ ਮਨ ਪ੍ਰਭੂ ਦੇ ਚਰਨਾਂ ਵਲ ਹੀ ਮੁੜ ਮੁੜ ਪਰਤਦਾ ਹੈ। ਮੇਰਾ ਮਨ ਹੋਰ (ਪਦਾਰਥਾਂ ਦੇ) ਸੁਆਦਾਂ ਨੂੰ ਨਹੀਂ ਲੋੜਦਾ, ਇਕ ਪਰਮਾਤਮਾ ਨੂੰ ਲੱਭਦਾ ਹੈ। ੧।

(ਹੇ ਭਾਈ ! ਪ੍ਰਭੂ ਦੇ ਦਰਸ਼ਨ ਦੀ ਬਰਕਤ ਨਾਲ) ਹੋਰ (ਪਦਾਰਥਾਂ ਦੇ ਮੋਹ) ਤੋਂ ਸੰਬੰਧ ਤੋੜ ਲਈਦਾ ਹੈ, ਇੰਦ੍ਰੀਆਂ ਦੀ ਪਕੜ ਤੋਂ ਖਲਾਸੀ ਪਾ ਲਈਦੀ ਹੈ। ਹੇ ਮਨ ! ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦਾ ਨਾਮ-ਰਸ ਚੁੰਘੀਦਾ ਹੈ, ਤੇ (ਮਾਇਆ ਦੇ ਮੋਹ ਵਲੋਂ ਬ੍ਰਿਤੀ) ਪਰਤ ਜਾਂਦੀ ਹੈ। ਹੇ ਨਾਨਕ ! (ਆਖ–) ਹੇ ਭਾਈ ! (ਦਰਸ਼ਨ ਦੀ ਬਰਕਤ ਨਾਲ) ਹੋਰ ਮੋਹ ਉੱਕਾ ਹੀ ਨਹੀਂ ਭਾਉਂਦਾ, ਹਰ ਵੇਲੇ ਪ੍ਰਭੂ ਦੇ ਚਰਨਾਂ ਨਾਲ ਹੀ ਪਿਆਰ ਬਣਿਆ ਰਹਿੰਦਾ ਹੈ।੨।੨।੧੨੯।

ਰਾਗੁ ਬਿਲਾਵਲੁ ਮਹਲਾ ੯ ਦੁਪਦੇ

੧ ਓ ਸਤਿਗੁਰਪ੍ਰਸਾਦਿ ॥ ਦੁਖ ਹਰਤਾ ਹਰਿਨਾਮੁ ਪਛਾਨੋ ॥ ਅਜਾ-ਮਲੁ ਗਨਿਕਾ ਜਿਹ ਸਿਮਰਤ ਮੁਕਤਿ ਭਏ ਜੀਅ ਜਾਨੋ ॥ ੧ ॥ ਰਹਾਉ ॥ ਗਜ ਕੀ ਤ੍ਰਾਸ ਮਿਟੀ ਛਿਨ ਹੂ ਮਹਿ ਜਬ ਹੀ ਰਾਮੁ ਬਖਾਨੋ ॥ ਨਾਰਦ ਕਹਤ ਸੁਨਤ ਧ੍ਰੂਅ ਬਾਰਿਕ ਭਜਨ ਮਾਹਿ ਲਪਟਾਨੋ ॥੧॥ ਅਚਲ ਅਮਰ ਨਿਰਭੈ ਪਦੁ ਪਾਇਓ ਜਗਤ ਜਾਹਿ ਹੈਰਾਨੋ ॥ ਨਾਨਕ ਕਹਤ ਭਗਤ ਰਛਕ ਹਰਿ ਨਿਕਟਿ ਤਾਹਿ ਤੁਮ ਮਾਨੋ ॥੨॥੧॥ [ਪੰਨਾ ੮੩੦]

ਪਦ ਅਰਥ :–ਪਛਾਨੋ–ਪਛਾਨੁ ਜਾਣ-ਪਛਾਣ ਪਾ, ਸਾਂਝ ਪਾਈ ਰੱਖ। ਹਰਤਾ–ਨਾਸ ਕਰਨ ਵਾਲਾ। ਜਿਹ–ਜਿਸ ਨੂੰ। ਜੀਅ ਜਾਨੋ–ਜਿੰਦ ਨਾਲ ਜਾਣ, ਹਿਰਦੇ ਵਿਚ ਸਾਂਝ ਪਾ। ਅਜਾਮਲੁ–ਭਾਗਵਤ ਦੀ ਕਥਾ ਹੈ ਕਿ ਇਹ ਇਕ ਬ੍ਰਾਹਮਣ ਸੀ ਕਨੌਜ ਦਾ ਰਹਿਣ ਵਾਲਾ। ਹੈ ਸੀ ਕੁਕਰਮੀ, ਵੇਸਵਾ-ਗਾਮੀ। ਆਪਣੇ ਇਕ ਪੁਤ੍ਰ ਦਾ ਇਸ ਨੇ 'ਨਾਰਾਇਣ' ਨਾਮ ਰੱਖ ਲਿਆ। ਇਥੋਂ ਨਾਰਾਇਣ (ਪਰਮਾਤਮਾ) ਦੇ ਸਿਮਰਨ ਦੀ ਲਗਨ ਲੱਗ ਗਈ। ਗਨਿਕਾ–ਇਕ ਵੇਸਵਾ ਸੀ। ਇਕ ਸਾਧੂ ਨੇ ਇਸ ਨੂੰ ਇਕ ਤੋਤਾ ਦਿੱਤਾ ਤੇ ਆਖਿਆ ਕਿ ਤੋਤੇ ਨੂੰ 'ਰਾਮ ਨਾਮ' ਪੜ੍ਹਾਇਆ ਕਰ। ਉਥੋਂ ਹੀ ਲਿਵ ਲੱਗ ਗਈ। ੧। ਰਹਾਉ।

ਗਜ–ਭਾਗਵਤ ਦੀ ਹੀ ਕਥਾ ਹੈ। ਇਕ ਗੰਧਰਬ ਕਿਸੇ ਰਿਖੀ ਦੇ ਸਰਾਪ ਨਾਲ ਹਾਥੀ ਦੇ ਜਨਮ ਵਿਚ ਚਲਾ ਗਿਆ। ਵਰੁਣ ਦੇਵਤੇ ਦੇ ਤਲਾਬ ਵਿਚ ਇਸ ਨੂੰ ਇਕ ਤੰਦੂਏ ਨੇ ਆਪਣੀਆਂ ਤੰਦਾਂ ਨਾਲ ਜਕੜ ਲਿਆ। ਪਰਮਾਤਮਾ ਦੀ ਓਟ ਨੇ ਉਥੋਂ ਛਡਾਇਆ, ਤੇ, ਸ੍ਰਾਪ ਤੋਂ ਭੀ ਬਚਾਇਆ। ਤ੍ਰਾਸ–ਡਰ। ਬਖਾਨੋ–ਬਖਾਨਿਆ,

ਉਚਾਰਿਆ। ਕਹਤ–ਆਖਦਾ, ਉਪਦੇਸ਼ ਕਰਦਾ ਸੀ। ਲਪਟਾਨੋ–ਮਸਤ ਹੋ ਗਿਆ।੧।

ਅਚਲ–ਅਟੱਲ। ਅਮਰ–ਕਦੇ ਨਾਹ ਮੁੱਕਣ ਵਾਲਾ। ਨਿਰਭੈ ਪਦੁ–ਉਹ ਆਤਮਕ ਦਰਜਾ ਜਿਥੇ ਕੋਈ ਡਰ ਪੋਹ ਨਾਹ ਸਕੇ। ਜਾਹਿ–ਜਿਸ ਨਾਲ। ਰਛਕ–ਰੱਖਿਆ ਕਰਨ ਵਾਲਾ। ਨਿਕਟਿ–ਨੇੜੇ, ਅੰਗ-ਸੰਗ। ਤਾਹਿ–ਉਸ ਨੂੰ। ਮਾਨੋ–ਮੰਨੋ। ੨।

ਅਰਥ :–ਹੇ ਭਾਈ! ਪਰਮਾਤਮਾ ਦੇ ਨਾਮ ਨਾਲ ਸਾਂਝ ਪਾਈ ਰੱਖ, ਇਹ ਨਾਮ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। ਇਸ ਨਾਮ ਨੂੰ ਸਿਮਰਦਿਆਂ ਸਿਮਰਦਿਆਂ ਅਜਾਮਲ ਵਿਕਾਰਾਂ ਤੋਂ ਹਟ ਗਿਆ, ਗਨਿਕਾ ਵਿਕਾਰਾਂ ਤੋਂ ਮੁਕਤ ਹੋ ਗਈ। ਤੂੰ ਭੀ ਆਪਣੇ ਹਿਰਦੇ ਵਿਚ ਉਸ ਹਰਿ-ਨਾਮ ਨਾਲ ਜਾਣ-ਪਛਾਣ ਬਣਾਈ ਰੱਖ।੧।ਰਹਾਉ।

ਹੇ ਭਾਈ! ਜਦੋਂ ਗਜ ਨੇ ਪਰਮਾਤਮਾ ਦਾ ਨਾਮ ਉਚਾਰਿਆ, ਉਸ ਦੀ ਬਿਪਤਾ ਭੀ ਇਕ ਛਿਨ ਵਿਚ ਹੀ ਦੂਰ ਹੋ ਗਈ। ਨਾਰਦ ਦਾ ਕੀਤਾ ਹੋਇਆ ਉਪਦੇਸ਼ ਸੁਣਦਿਆਂ ਬਾਲਕ ਧ੍ਰੂ ਪਰਮਾਤਮਾ ਦੇ ਭਜਨ ਵਿਚ ਮਸਤ ਹੋ ਗਿਆ। ੧।

(ਹਰਿ-ਨਾਮ ਦੇ ਭਜਨ ਦੀ ਬਰਕਤ ਨਾਲ ਧ੍ਰੂ ਨੇ) ਐਸਾ ਆਤਮਕ ਦਰਜਾ ਪ੍ਰਾਪਤ ਕਰ ਲਿਆ ਜੋ ਸਦਾ ਲਈ ਅਟੱਲ ਤੇ ਅਮਰ ਹੋ ਗਿਆ। ਉਸ ਨੂੰ ਵੇਖ ਕੇ ਦੁਨੀਆ ਹੈਰਾਨ ਹੋ ਰਹੀ ਹੈ। ਨਾਨਕ ਆਖਦਾ ਹੈ–ਹੇ ਭਾਈ! ਤੂੰ ਭੀ ਉਸ ਪਰਮਾਤਮਾ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝ, ਉਹ ਪਰਮਾਤਮਾ ਆਪਣੇ ਭਗਤਾਂ ਦੀ ਰੱਖਿਆ ਕਰਨ ਵਾਲਾ ਹੈ। ੨। ੧।

ਬਿਲਾਵਲੁ ਮਹਲਾ ੯ ॥ ਹਰਿ ਕੇ ਨਾਮ ਬਿਨਾ ਦੁਖੁ ਪਾਵੈ॥ ਭਗਤਿ ਬਿਨਾ ਸਹਸਾ ਨਹ ਚੂਕੈ ਗੁਰੁ ਇਹੁ ਭੇਦੁ ਬਤਾਵੈ ॥ ੧ ॥ ਰਹਾਉ ॥ ਕਹਾ ਭਇਓ ਤੀਰਥ ਬ੍ਰਤ ਕੀਏ ਰਾਮ ਸਰਨਿ ਨਹੀ ਆਵੈ॥ ਜੋਗ ਜਗ ਨਿਹਫਲ ਤਿਹ ਮਾਨਉ ਜੋ ਪ੍ਰਭ ਜਸੁ ਬਿਸਰਾਵੈ ॥੧॥ ਮਾਨ ਮੋਹ ਦੋਨੋ ਕਉ ਪਰਹਰਿ ਗੋਬਿੰਦ ਕੇ ਗੁਨ ਗਾਵੈ ॥ ਕਹੁ ਨਾਨਕ ਇਹ ਬਿਧਿ ਕੋ ਪ੍ਰਾਨੀ ਜੀਵਨ ਮੁਕਤਿ ਕਹਾਵੈ ॥੨॥੨॥ [ਪੰਨਾ ੮੩੦]

ਪਦ ਅਰਥ :–ਸਹਸਾ–ਸਹਮ। ਚੂਕੈ–ਮੁੱਕਦਾ। ਭੇਦੁ–(ਜੀਵਨ-ਮਾਰਗ ਦੀ) ਡੂੰਘੀ ਗੱਲ। ੧। ਰਹਾਉ।

ਕਹਾ ਭਇਓ–ਕੀਹ ਹੋਇਆ? ਕੋਈ ਲਾਭ ਨਹੀਂ। ਤਿਹ–ਉਸ (ਮਨੁੱਖ) ਦੇ। ਮਾਨਉ–ਮਾਨਉਂ, ਮੈਂ ਮੰਨਦਾ ਹਾਂ। ਜਸੁ–ਸਿਫ਼ਤਿ ਸਾਲਾਹ। ਜੋ–ਜੇਹੜਾ ਮਨੁੱਖ।

ਜੋਗ—ਜੋਗ-ਸਾਧਨ । ਨਿਹਫਲ—ਵਿਅਰਥ । ੧ ।

ਮਾਨ—ਅਹੰਕਾਰ । ਦੋਨੋ ਕਉ—ਦੋਹਾਂ ਨੂੰ । ਪਰਹਰਿ—ਤਿਆਗ ਕੇ । ਕੋ—ਦਾ । ਇਹ ਬਿਧਿ ਕੋ—ਇਸ ਕਿਸਮ ਦਾ (ਜੀਵਨ ਬਿਤੀਤ ਕਰਨ ਵਾਲਾ) । ਪ੍ਰਾਨੀ—ਮਨੁੱਖ । ਜੀਵਨ ਮੁਕਤਿ—ਜੀਊਂਦਾ ਹੀ ਵਿਕਾਰਾਂ ਤੋਂ ਆਜ਼ਾਦ । ੨ ।

ਅਰਥ:—ਹੇ ਭਾਈ ! ਗੁਰੂ (ਜੀਵਨ-ਮਾਰਗ ਦੀ) ਇਹ ਡੂੰਘੀ ਗੱਲ ਦੱਸਦਾ ਹੈ, ਕਿ ਪਰਮਾਤਮਾ ਦੀ ਭਗਤੀ ਕਰਨ ਤੋਂ ਬਿਨਾ ਮਨੁੱਖ ਦਾ ਸਹਿਮ ਖ਼ਤਮ ਨਹੀਂ ਹੁੰਦਾ, ਪਰਮਾਤਮਾ ਦਾ ਨਾਮ (ਸਿਮਰਨ) ਤੋਂ ਬਿਨਾ ਦੁੱਖ ਸਹਾਰਦਾ ਰਹਿੰਦਾ ਹੈ । ੧ । ਰਹਾਉ ।

ਹੇ ਭਾਈ ! ਜੇ ਮਨੁੱਖ ਪਰਮਾਤਮਾ ਦੀ ਸਰਨ ਨਹੀਂ ਪੈਂਦਾ, ਤਾਂ ਉਸ ਦੇ ਤੀਰਥ-ਜਾਤ੍ਰਾ ਕਰਨ ਦਾ ਕੋਈ ਲਾਭ ਨਹੀਂ, ਵਰਤ ਰੱਖਣ ਦਾ ਕੋਈ ਫ਼ਾਇਦਾ ਨਹੀਂ । ਜੇਹੜਾ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਭੁਲਾ ਦੇਂਦਾ ਹੈ, ਮੈਂ ਸਮਝਦਾ ਹਾਂ ਕਿ ਉਸ ਦੇ ਜੋਗ-ਸਾਧਨ ਅਤੇ ਜੱਗ (ਆਦਿਕ ਕਰਮ ਸਭ) ਵਿਅਰਥ ਹਨ । ੧ ।

ਹੇ ਨਾਨਕ ! ਆਖ—ਜੇਹੜਾ ਮਨੁੱਖ ਅਹੰਕਾਰ ਅਤੇ ਮਾਇਆ ਦਾ ਮੋਹ ਛੱਡ ਕੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਜੇਹੜਾ ਮਨੁੱਖ ਇਸ ਕਿਸਮ ਦਾ ਜੀਵਨ ਬਿਤੀਤ ਕਰਨ ਵਾਲਾ ਹੈ, ਉਹ ਜੀਵਨ-ਮੁਕਤਿ ਅਖਵਾਂਦਾ ਹੈ (ਉਹ ਮਨੁੱਖ ਉਸ ਸ਼੍ਰੇਣੀ ਵਿਚੋਂ ਗਿਣਿਆ ਜਾਂਦਾ ਹੈ, ਜੇਹੜੇ ਇਸ ਜ਼ਿੰਦਗੀ ਵਿਚ ਵਿਕਾਰਾਂ ਦੀ ਪਕੜ ਤੋਂ ਬਚੇ ਰਹਿੰਦੇ ਹਨ) । ੨ । ੨ ।

ਬਿਲਾਵਲੁ ਮਹਲਾ ੯ ॥ ਜਾ ਮਹਿ ਭਜਨੁ ਰਾਮ ਕੋ ਨਾਹੀ ॥ ਤਿਹ ਨਰ ਜਨਮੁ ਅਕਾਰਥੁ ਖੋਇਆ ਯਹ ਰਾਖਹੁ ਮਨ ਮਾਹੀ ॥ ੧ ॥ ਰਹਾਉ ॥ ਤੀਰਥ ਕਰੈ ਬ੍ਰਤ ਫੁਨਿ ਰਾਖੈ ਨਹ ਮਨੂਆ ਬਸਿ ਜਾ ਕੋ ॥ ਨਿਹਫਲ ਧਰਮੁ ਤਾਹਿ ਤੁਮ ਮਾਨਹੁ ਸਾਚੁ ਕਹਤ ਮੈ ਯਾ ਕਉ ॥੧॥ ਜੈਸੇ ਪਾਹਨੁ ਜਲ ਮਹਿ ਰਾਖਿਓ ਭੇਦੈ ਨਾਹਿ ਤਿਹਿ ਪਾਨੀ ॥ ਤੈਸੇ ਹੀ ਤੁਮ ਤਾਹਿ ਪਛਾਨਹੁ ਭਗਤਿ ਹੀਨ ਜੋ ਪ੍ਰਾਨੀ ॥ ੨ ॥ ਕਲਿ ਮਹਿ ਮੁਕਤਿ ਨਾਮ ਤੇ ਪਾਵਤ ਗੁਰੁ ਯਹ ਭੇਦੁ ਬਤਾਵੈ ॥ ਕਹੁ ਨਾਨਕ ਸੋਈ ਨਰੁ ਗਰੂਆ ਜੋ ਪ੍ਰਭ ਕੇ ਗੁਨ ਗਾਵੈ ॥ ੩ ॥ ੩ ॥ [ਪੰਨਾ ੮੩੧]

ਪਦ ਅਰਥ :—ਜਾ ਮਹਿ—ਜਿਸ ਮਨੁੱਖ (ਦੇ ਹਿਰਦੇ) ਵਿਚ । ਕੋ—ਦਾ । ਤਿਹ ਨਰ—ਉਸ ਮਨੁੱਖ ਨੇ । ਅਕਾਰਥੁ—ਵਿਅਰਥ । ਖੋਇਆ—ਗਵਾ ਲਿਆ । ਯਹ—ਇਹ ਗੱਲ । ਮਾਹੀ—ਵਿਚ । ਰਾਖਹੁ ਮਨ ਮਾਹੀ—ਪੱਕੀ ਚੇਤੇ ਰੱਖੋ । ੧ । ਰਹਾਉ ।

ਫੁਨਿ—ਭੀ । ਬਸਿ—ਵੱਸ ਵਿਚ । ਜਾ ਕੇ ਮਨੂਆ—ਜਿਸ ਦਾ ਮਨ । ਤਾਹਿ—ਉਸ

ਦਾ । ਮਾਨਹੁ—ਸਮਝੋ । ਸਾਚੁ—ਸੱਚੀ ਗੱਲ । ਯਾ ਕਉ—ਉਸ ਨੂੰ । ੧ ।

ਪਾਹਨੁ—ਪੱਥਰ । ਮਹਿ—ਵਿਚ । ਭੇਦੈ—ਵਿੰਨ੍ਹਦਾ । ਤਿਹ—ਉਸ ਨੂੰ । ਪਛਾਨਹੁ—ਸਮਝੋ । ਹੀਨ—ਸੱਖਣਾ । ੨ ।

ਕਲਿ ਮਹਿ—ਸੰਸਾਰ ਵਿਚ, ਮਨੁੱਖਾ ਜਨਮ ਵਿਚ । ਤੇ—ਤੋਂ, ਦੀ ਰਾਹੀਂ । ਮੁਕਤਿ—ਵਿਕਾਰਾਂ ਤੋਂ ਖਲਾਸੀ । ਭੇਦੁ—ਡੂੰਘੀ ਗੱਲ । ਗਰੂਆ—ਭਾਰਾ, ਆਦਰ-ਜੋਗ । ੩ ।

ਅਰਥ :—ਹੇ ਭਾਈ ! ਇਹ ਗੱਲ ਪੱਕੀ ਚੇਤੇ ਰੱਖੋ ਕਿ ਜਿਸ ਮਨੁੱਖ ਦੇ ਅੰਦਰ ਪਰਮਾਤਮਾ ਦੇ ਨਾਮ ਦਾ ਭਜਨ ਨਹੀਂ ਹੈ ਉਸ ਮਨੁੱਖ ਨੇ ਆਪਣੀ ਜ਼ਿੰਦਗੀ ਵਿਅਰਥ ਹੀ ਗਵਾ ਲਈ ਹੈ । ੧ । ਰਹਾਉ ।

ਹੇ ਭਾਈ ! ਜਿਸ ਮਨੁੱਖ ਦਾ ਮਨ ਆਪਣੇ ਵੱਸ ਵਿਚ ਨਹੀਂ ਹੈ, ਉਹ ਭਾਵੇਂ ਤੀਰਥਾਂ ਦੇ ਇਸ਼ਨਾਨ ਕਰਦਾ ਹੈ ਵਰਤ ਭੀ ਰੱਖਦਾ ਹੈ, ਪਰ ਤੁਸੀ (ਇਹ ਤੀਰਥ ਵਰਤ ਆਦਿਕ ਵਾਲਾ) ਉਸ ਦਾ ਧਰਮ ਵਿਅਰਥ ਸਮਝੋ । ਮੈਂ ਅਜੇਹੇ ਮਨੁੱਖ ਨੂੰ ਭੀ ਇਹ ਸੱਚੀ ਗੱਲ ਆਖ ਦੇਂਦਾ ਹਾਂ । ੧ ।

ਹੇ ਭਾਈ ! ਜਿਵੇਂ ਪੱਥਰ ਪਾਣੀ ਵਿਚ ਰੱਖਿਆ ਹੋਇਆ ਹੋਵੇ, ਉਸ ਨੂੰ ਪਾਣੀ ਵਿੰਨ੍ਹ ਨਹੀਂ ਸਕਦਾ (ਪਾਣੀ ਉਸ ਉਤੇ ਅਸਰ ਨਹੀਂ ਕਰ ਸਕਦਾ), ਇਹੋ ਜਿਹਾ ਹੀ ਤੁਸੀ ਉਸ ਮਨੁੱਖ ਨੂੰ ਸਮਝੋ ਜੋ ਪ੍ਰਭੂ ਦੀ ਭਗਤੀ ਤੋਂ ਵਾਂਜਿਆਂ ਰਹਿੰਦਾ ਹੈ । ੨ ।

ਹੇ ਭਾਈ ! ਗੁਰੂ ਜ਼ਿੰਦਗੀ ਦਾ ਇਹ ਰਾਜ਼ ਦੱਸਦਾ ਹੈ ਕਿ ਮਨੁੱਖਾ ਜੀਵਨ ਵਿਚ ਇਨਸਾਨ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ ਵਿਕਾਰਾਂ ਤੋਂ ਖਲਾਸੀ ਪ੍ਰਾਪਤ ਕਰ ਸਕਦਾ ਹੈ । ਹੇ ਨਾਨਕ ! ਆਖ—ਉਹੀ ਮਨੁੱਖ ਆਦਰ-ਜੋਗ ਹੈ ਜੇਹੜਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ । ੩ । ੩ ।

ਨੋਟ—ਬਿਲਾਵਲ ਵਿਚ ਗੁਰੂ ਤੇਗ ਬਹਾਦਰ ਸਾਹਿਬ ਦੇ ਇਹ ਤਿੰਨ ਸ਼ਬਦ ਹਨ ।

—o—

ਬਿਲਾਵਲੁ ਅਸਟਪਦੀਆ ਮਹਲਾ ੧ ਘਰੁ ੧੦

੧ ਓ ਸਤਿਗੁਰ ਪ੍ਰਸਾਦਿ ॥ ਨਿਕਟਿ ਵਸੈ ਦੇਖੈ ਸਭੁ ਸੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਵਿਣੁ ਭੈ ਪਇਐ ਭਗਤਿ ਨ ਹੋਈ ॥ ਸਬਦਿ ਰਤੇ ਸਦਾ ਸੁਖੁ ਹੋਈ ॥ ੧ ॥ ਐਸਾ ਗਿਆਨੁ ਪਦਾਰਥੁ ਨਾਮੁ ॥ ਗੁਰਮੁਖਿ ਪਾਵਸਿ ਰਸਿ ਰਸਿ ਮਾਨੁ ॥ ੧ ॥ ਰਹਾਉ ॥ ਗਿਆਨੁ ਗਿਆਨੁ ਕਥੈ ਸਭੁ ਕੋਈ ॥ ਕਥਿ ਕਥਿ ਬਾਦੁ ਕਰੇ ਦੁਖੁ ਹੋਈ ॥ ਕਥਿ ਕਹਣੈ ਤੇ ਰਹੈ ਨ ਕੋਈ ॥ ਬਿਨੁ ਰਸ ਰਾਤੇ ਮੁਕਤਿ ਨ ਹੋਈ ॥੨॥ ਗਿਆਨੁ ਧਿਆਨੁ ਸਭੁ ਗੁਰ ਤੇ ਹੋਈ ॥ ਸਾਚੀ ਰਹਤ ਸਾਚਾ ਮਨਿ ਸੋਈ ॥ ਮਨਮੁਖ ਕਥਨੀ ਹੈ ਪਰੁ ਰਹਤ ਨ ਹੋਈ ॥ ਨਾਵਹੁ ਭੂਲੇ ਥਾਉ ਨ ਕੋਈ ॥ ੩ ॥ ਮਨੁ ਮਾਇਆ ਬੰਧਿਓ ਸਰ ਜਾਲਿ ॥ ਘਟਿ ਘਟਿ ਬਿਆਪਿ ਰਹਿਓ ਬਿਖੁ ਨਾਲਿ ॥ ਜੋ ਆਂਜੈ ਸੋ ਦੀਜੈ ਕਾਲਿ ॥ ਕਾਰਜੁ ਸੀਧੋ ਰਿਦੈ ਸਮ੍ਹਾਲਿ ॥ ੪ ॥ ਸੋ ਗਿਆਨੀ ਜਿਨਿ ਸਬਦਿ ਲਿਵ ਲਾਈ॥ਮਨਮੁਖਿ ਹਉਮੈ ਪਤਿ ਗਵਾਈ॥ ਆਪੇ ਕਰਤੈ ਭਗਤਿ ਕਰਾਈ ॥ ਗੁਰਮੁਖਿ ਆਪੇ ਦੇ ਵਡਿਆਈ ॥ ੫ ॥ ਰੈਣਿ ਅੰਧਾਰੀ ਨਿਰਮਲ ਜੋਤਿ ॥ ਨਾਮ ਬਿਨਾ ਝੂਠੇ ਕੁਚਲ ਕਛੋਤਿ ॥ ਬੇਦੁ ਪੁਕਾਰੈ ਭਗਤਿ ਸਰੋਤਿ ॥ ਸੁਣਿ ਸੁਣਿ ਮਾਨੈ ਵੇਖੈ ਜੋਤਿ ॥੬॥ ਸਾਸਤ੍ਰ ਸਿਮ੍ਰਿਤਿ ਨਾਮੁ ਦ੍ਰਿੜਾਮੰ ॥ ਗੁਰਮੁਖਿ ਸਾਂਤਿ ਊਤਮ ਕਰਾਮੰ ॥ ਮਨਮੁਖਿ ਜੋਨੀ ਦੂਖ ਸਹਾਮੰ ॥ ਬੰਧਨ ਤੂਟੇ ਇਕੁ ਨਾਮੁ ਵਸਾਮੰ ॥ ੭ ॥ ਮੰਨੇ ਨਾਮੁ ਸਚੀ ਪਤਿ ਪੂਜਾ ॥ ਕਿਸੁ ਵੇਖਾ ਨਾਹੀ ਕੋ ਦੂਜਾ ॥ ਦੇਖਿ ਕਹਉ ਭਾਵੈ ਮਨਿ ਸੋਇ ॥ ਨਾਨਕੁ ਕਹੈ ਅਵਰੁ ਨਹੀ ਕੋਇ ॥ ੮ ॥ ੧ ॥ [ਪੰਨਾ ੮੩੧]

ਪਦ ਅਰਥ :–ਨਿਕਟਿ–ਨੇੜੇ । ਸੋਈ–ਉਹੀ (ਪ੍ਰਭੂ) । ਬੂਝੈ–ਸਮਝਦਾ ਹੈ । ਵਿਣੁ ਭੈ ਪਇਐ–(ਪਰਮਾਤਮਾ ਦੇ) ਡਰ ਵਿਚ ਰਹਿਣ ਤੋਂ ਬਿਨਾ, ਮਨ ਵਿਚ ਪਰਮਾਤਮਾ ਦਾ ਡਰ-ਅਦਬ ਨਾਂਹ ਪਏ । ੧ ।

ਗਿਆਨੁ–(ਪਰਮਾਤਮਾ ਨਾਲ) ਡੂੰਘੀ ਸਾਂਝ । ਗੁਰਮੁਖਿ–ਉਹ ਮਨੁੱਖ ਜੋ ਗੁਰੂ ਵਲ ਮੂੰਹ ਰੱਖਦਾ ਹੈ । ਪਾਵਸਿ–ਹਾਸਲ ਕਰੇਗਾ । ਰਸਿ–(ਨਾਮ ਦੇ) ਰਸ ਵਿਚ । ਰਸਿ–ਰਸ ਕੇ, ਭਿੱਜ ਕੇ । ਮਾਨੁ–ਆਦਰ । ੧ । ਰਹਾਉ ।

ਕਥੈ–ਆਖਦਾ ਹੈ । ਸਭੁ ਕੋਈ–ਹਰੇਕ ਜੀਵ । ਕਥਿ ਕਥਿ–(ਗਿਆਨ-ਚਰਚਾ)

ਆਖ ਆਖ ਕੇ। ਬਾਦੁ–ਚਰਚਾ। ਕਥਿ–ਕਥ ਕੇ, ਆਖ ਕੇ। ਕਹਣੈ ਤੇ–ਕਹਿਣ ਤੋਂ, ਚਰਚਾ ਕਰਨ ਤੋਂ। ਰਹੈ ਨ–ਹਟਦਾ ਨਹੀਂ। ਮੁਕਤਿ–(ਵਿਕਾਰਾਂ ਤੋਂ) ਖ਼ਲਾਸੀ।੨।

ਗੁਰ ਤੇ–ਗੁਰੂ ਤੋਂ, ਗੁਰੂ ਪਾਸੋਂ। ਧਿਆਨੁ–ਪ੍ਰਭੂ ਵਿਚ ਸੁਰਤਿ ਦਾ ਟਿਕਾਉ। ਰਹਤ–ਰਹਿਣੀ, ਆਚਰਨ। ਸਾਚਾ–ਸਦਾ-ਥਿਰ ਪ੍ਰਭੂ। ਮਨਿ–ਮਨ ਵਿਚ। ਪਰੁ–ਪਰੰਤੂ। ਨਾਵਹੁ–ਨਾਮ ਤੋਂ। ੩।

ਸਰ ਜਾਲਿ–(ਮੋਹ ਦੇ) ਤੀਰਾਂ ਦੇ ਜਾਲ ਵਿਚ। ਬੰਧਿਓ–ਬੰਨ੍ਹਿਆ ਹੋਇਆ ਹੈ। ਬਿਖੁ–ਮਾਇਆ-ਜ਼ਹਿਰ। ਆਂਜੈ–ਲਿਆਇਆ ਜਾਂਦਾ ਹੈ, ਜੰਮਦਾ ਹੈ। ਕਾਲਿ–ਕਾਲ ਵਿਚ, ਕਾਲ ਦੇ ਵੱਸ ਵਿਚ, ਆਤਮਕ ਮੌਤ ਦੇ ਅਧੀਨ। ਕਾਰਜੁ–(ਮਨੁੱਖਾ ਜੀਵਨ ਵਿਚ ਕਰਨ-ਜੋਗ) ਕੰਮ। ਸੀਧੋ–ਸਫਲ। ੪।

ਜਿਨਿ–ਜਿਸ ਨੇ। ਲਿਵ–ਲਗਨ। ਪਤਿ–ਇੱਜ਼ਤ। ਕਰਤੈ–ਕਰਤਾਰ ਨੇ।੫।

ਰੈਣਿ–(ਜ਼ਿੰਦਗੀ ਦੀ) ਰਾਤ। ਕੁਚਲ–ਗੰਦੇ। ਕਛੋਤਿ–ਭੈੜੀ ਛੂਤ ਵਾਲੇ। ਸਰੋਤਿ–ਸਿੱਖਿਆ। ਮਾਨੈ–ਮੰਨਦਾ ਹੈ, ਸਰਧਾ ਲਿਆਉਂਦਾ ਹੈ। ੬।

ਦ੍ਰਿੜਾਮੰ–ਦ੍ਰਿੜ੍ਹ ਕਰਾਂਦੇ ਹਨ, ਤਾਕੀਦ ਕਰਦੇ ਹਨ। ਊਤਮਾ ਕਰਮੰ–ਸ੍ਰੇਸ਼ਟ ਕਰਮ। ਵਸਾਮੰ–ਵਸਾਇਆਂ। ੭।

ਸਚੀ–ਸਦਾ-ਥਿਰ ਰਹਿਣ ਵਾਲੀ। ਪਤਿ–ਇੱਜ਼ਤ। ਵੇਖਾ–ਮੈਂ ਵੇਖਾਂ। ਦੇਖਿ–ਵੇਖ ਕੇ। ਕਰਉ–ਮੈਂ ਆਖਦਾ ਹਾਂ, ਮੈਂ ਸਿਫ਼ਤਿ ਸਾਲਾਹ ਕਰਦਾ ਹਾਂ। ਭਾਵੈ–ਪਿਆਰਾ ਲੱਗਦਾ ਹੈ। ਸੋਇ–ਉਹ ਪ੍ਰਭੂ। ੮।

ਅਰਥ :–ਪਰਮਾਤਮਾ ਦਾ ਨਾਮ ਇਕ ਅਜੇਹਾ (ਸ੍ਰੇਸ਼ਟ) ਪਦਾਰਥ ਹੈ ਜੋ ਪਰਮਾਤਮਾ ਨਾਲ ਡੂੰਘੀ ਸਾਂਝ ਪੈਦਾ ਕਰ ਦੇਂਦਾ ਹੈ। ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੋ ਕੇ (ਇਹ ਪਦਾਰਥ) ਹਾਸਲ ਕਰਦਾ ਹੈ, ਉਹ (ਇਸ ਦੇ) ਰਸ ਵਿਚ ਭਿੱਜ ਕੇ (ਲੋਕ ਪਰਲੋਕ ਵਿਚ) ਆਦਰ ਪਾਂਦਾ ਹੈ। ੧। ਰਹਾਉ।

ਪਰਮਾਤਮਾ (ਹਰੇਕ ਜੀਵ ਦੇ)ਨੇੜੇ ਵੱਸਦਾ ਹੈ, ਉਹ ਆਪ ਹੀ ਹਰੇਕ ਦੀ ਸੰਭਾਲ ਕਰਦਾ ਹੈ, ਪਰ ਇਹ ਭੇਤ ਕੋਈ ਵਿਰਲਾ ਬੰਦਾ ਸਮਝਦਾ ਹੈ ਜੋ ਗੁਰੂ ਦੇ ਸਨਮੁਖ ਰਹਿ ਕੇ ਨਾਮ ਜਪਦਾ ਹੈ। ਜਿਤਨਾ ਚਿਰ (ਇਹ) ਡਰ ਪੈਦਾ ਹੋਵੇ (ਕਿ ਉਹ ਹਰ ਵੇਲੇ ਨੇੜੇ ਵੇਖ ਰਿਹਾ ਹੈ) ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ। ਜੇਹੜੇ ਬੰਦੇ ਗੁਰੂ ਦੇ ਸ਼ਬਦ ਦੀ ਰਾਹੀਂ (ਨਾਮ-ਰੰਗ ਵਿਚ) ਰੰਗੇ ਜਾਂਦੇ ਹਨ ਉਹਨਾਂ ਨੂੰ ਸਦਾ ਆਤਮਕ ਆਨੰਦ ਮਿਲਦਾ ਹੈ।੧।

(ਜ਼ਬਾਨੀ ਜ਼ਬਾਨੀ ਤਾਂ) ਹਰ ਕੋਈ ਆਖਦਾ ਹੈ (ਕਿ ਮੈਨੂੰ ਪਰਮਾਤਮਾ ਦਾ) ਗਿਆਨ(ਪ੍ਰਾਪਤ ਹੋ ਗਿਆ ਹੈ,)ਗਿਆਨ (ਮਿਲ ਗਿਆ ਹੈ), (ਜਿਉਂ ਜਿਉਂ ਗਿਆਨ

ਗਿਆਨ) ਆਖ ਕੇ ਚਰਚਾ ਕਰਦਾ ਹੈ (ਉਸ ਚਰਚਾ ਵਿਚੋਂ) ਕਲੇਸ਼ ਹੀ ਪੈਦਾ ਹੁੰਦਾ ਹੈ। ਚਰਚਾ ਕਰ ਕੇ (ਅਜੇਹੀ ਆਦਤ ਪੈ ਜਾਂਦੀ ਹੈ ਕਿ) ਚਰਚਾ ਕਰਨ ਤੋਂ ਜੀਵ ਹਟਦਾ ਭੀ ਨਹੀਂ । (ਪਰ ਚਰਚਾ ਤੋਂ ਕੋਈ ਆਤਮਕ ਆਨੰਦ ਨਹੀਂ ਮਿਲਦਾ, ਕਿਉਂਕਿ) ਪਰਮਾਤਮਾ ਦੇ ਨਾਮ-ਰਸ ਵਿਚ ਰੰਗੇ ਜਾਣ ਤੋਂ ਬਿਨਾ ਵਿਕਾਰਾਂ ਤੋਂ ਖ਼ਲਾਸੀ ਨਹੀਂ ਮਿਲਦੀ । ੨ ।

ਪਰਮਾਤਮਾ ਨਾਲ ਡੂੰਘੀ ਸਾਂਝ ਤੇ ਉਸ ਵਿਚ ਸੁਰਤਿ ਦਾ ਟਿਕਾਉ—ਇਹ ਸਭ ਕੁਝ ਗੁਰੂ ਤੋਂ ਹੀ ਮਿਲਦਾ ਹੈ । (ਜਿਸ ਨੂੰ ਮਿਲਦਾ ਹੈ ਉਸ ਦੀ) ਰਹਿਣੀ ਪਵਿਤ੍ਰ ਹੋ ਜਾਂਦੀ ਹੈ ਉਸ ਦੇ ਮਨ ਵਿਚ ਉਹ ਸਦਾ-ਥਿਰ ਪ੍ਰਭੂ ਵੱਸ ਪੈਂਦਾ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਬੰਦਾ (ਗਿਆਨ ਦੀਆਂ ਨਿਰੀਆਂ) ਗੱਲਾਂ ਹੀ ਕਰਦਾ ਹੈ, ਪਰ ਉਸ ਦੀ ਰਹਿਣੀ (ਪਵਿਤ੍ਰ) ਨਹੀਂ ਹੁੰਦੀ । ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਨੂੰ (ਮਾਇਆ ਦੀ ਭਟਕਣ ਤੋਂ ਬਚਣ ਲਈ) ਕੋਈ ਆਸਰਾ ਨਹੀਂ ਮਿਲਦਾ । ੩ ।

ਮਾਇਆ ਨੇ (ਜੀਵਾਂ ਦੇ) ਮਨ ਨੂੰ (ਮੋਹ ਦੇ) ਤੀਰਾਂ ਦੇ ਜਾਲ ਵਿਚ ਬੰਨ੍ਹਿਆ ਹੋਇਆ ਹੈ । (ਭਾਵੇਂ ਪਰਮਾਤਮਾ) ਹਰੇਕ ਸਰੀਰ ਵਿਚ ਮੌਜੂਦ ਹੈ, ਪਰ (ਮਾਇਆ ਦੇ ਮੋਹ ਦਾ) ਜ਼ਹਿਰ ਭੀ ਹਰੇਕ ਦੇ ਅੰਦਰ ਹੀ ਹੈ, (ਇਸ ਵਾਸਤੇ) ਜੋ ਭੀ (ਜਗਤ ਵਿਚ) ਜੰਮਦਾ ਹੈ ਉਹ ਆਤਮਕ ਮੌਤ ਦੇ ਵੱਸ ਵਿਚ ਦਿੱਸ ਰਿਹਾ ਹੈ । ਪਰਮਾਤਮਾ ਨੂੰ ਹਿਰਦੇ ਵਿਚ ਯਾਦ ਕਰਨ ਨਾਲ ਹੀ (ਮਨੁੱਖਾ ਜੀਵਨ ਵਿਚ) ਕਰਨ-ਜੋਗ ਕੰਮ ਸਿਰੇ ਚੜ੍ਹਦਾ ਹੈ। ੪ ।

ਉਹੀ ਮਨੁੱਖ ਗਿਆਨ-ਵਾਨ (ਅਖਵਾ ਸਕਦਾ) ਹੈ ਜਿਸ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਹੈ । ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਹਉਮੈ ਦੇ ਅਧੀਨ ਰਹਿ ਕੇ ਆਪਣੀ ਇੱਜ਼ਤ ਗਵਾਂਦਾ ਹੈ । (ਪਰ ਜੀਵ ਦੇ ਭੀ ਕੀਹ ਵੱਸ ?) ਪਰਮਾਤਮਾ ਆਪ ਹੀ ਆਪਣੀ ਭਗਤੀ (ਜੀਵਾਂ ਪਾਸੋਂ) ਕਰਾਂਦਾ ਹੈ, ਆਪ ਹੀ (ਜੀਵ ਨੂੰ) ਗੁਰੂ ਦੇ ਸਨਮੁਖ ਕਰ ਕੇ ਵਡਿਆਈ ਦੇਂਦਾ ਹੈ । ੫ ।

(ਸਿਮਰਨ ਤੋਂ ਬਿਨਾ ਮਨੁੱਖ ਦੀ ਉਮਰ) ਇਕ ਹਨੇਰੀ ਰਾਤ ਹੈ, ਪਰਮਾਤਮਾ ਦੀ ਜੋਤਿ ਦੇ ਪਰਗਟ ਹੋਣ ਨਾਲ ਹੀ ਇਹ ਰੌਸ਼ਨ ਹੋ ਸਕਦੀ ਹੈ । ਨਾਮ ਤੋਂ ਵਾਂਜੇ ਹੋਏ ਬੰਦੇ ਝੂਠੇ ਹਨ ਗੰਦੇ ਹਨ ਤੇ ਭੈੜੀ ਛੂਤ ਵਾਲੇ ਹਨ (ਭਾਵ, ਹੋਰਨਾਂ ਨੂੰ ਭੀ ਕੁਰਾਹੇ ਪਾ ਦੇਂਦੇ ਹਨ) । ਵੇਦ ਆਦਿਕ ਹਰੇਕ ਧਰਮ-ਪੁਸਤਕ ਭਗਤੀ ਦੀ ਸਿੱਖਿਆ ਹੀ ਪੁਕਾਰ ਪੁਕਾਰ ਕੇ ਦੱਸਦਾ ਹੈ । ਜੋ ਜੋ ਜੀਵ ਇਸ ਸਿੱਖਿਆ ਨੂੰ ਸੁਣ ਸੁਣ ਕੇ ਸਰਧਾ ਲਿਆਉਂਦਾ ਹੈ ਉਹ ਰੱਬੀ ਜੋਤਿ ਨੂੰ (ਹਰ ਥਾਂ) ਵੇਖਦਾ ਹੈ । ੬ ।

ਸਿਮ੍ਰਿਤੀਆਂ ਸ਼ਾਸਤ੍ਰ ਆਦਿਕ ਧਰਮ-ਪੁਸਤਕ ਭੀ ਨਾਮ ਸਿਮਰਨ ਦੀ ਤਾਕੀਦ

ਕਰਦੇ ਹਨ, ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਸਿਮਰਦੇ ਹਨ ਉਹਨਾਂ ਦੇ ਅੰਦਰ ਸ਼ਾਂਤੀ ਪੈਦਾ ਹੁੰਦੀ ਹੈ,ਉਹਨਾਂ ਦੀ ਰਹਿਣੀ ਸ਼੍ਰੇਸ਼ਟ ਹੋ ਜਾਂਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਬੰਦੇ ਜਨਮ ਮਰਨ ਦੇ ਦੁੱਖ ਸਹਾਰਦੇ ਹਨ, ਇਹ ਬੰਧਨ ਤਦੋਂ ਹੀ ਟੁੱਟਦੇ ਹਨ ਜੇ ਪਰਮਾਤਮਾ ਦੇ ਨਾਮ ਨੂੰ ਹਿਰਦੇ ਵਿਚ ਵਸਾਇਆ ਜਾਏ। ੭।

ਪਰਮਾਤਮਾ ਤੋਂ ਬਿਨਾ ਕੋਈ ਹੋਰ (ਉਸ ਵਰਗਾ) ਨਹੀਂ ਹੈ, ਜੇਹੜਾ ਬੰਦਾ ਉਸ ਦੇ ਨਾਮ ਨੂੰ (ਆਪਣੇ ਹਿਰਦੇ ਵਿਚ) ਦ੍ਰਿੜ੍ਹ ਕਰਦਾ ਹੈ ਉਸ ਨੂੰ ਸੱਚੀ ਇੱਜ਼ਤ ਮਿਲਦੀ ਹੈ, ਉਸ ਦਾ ਆਦਰ ਹੁੰਦਾ ਹੈ।

ਨਾਨਕ ਆਖਦਾ ਹੈ–ਮੈਂ ਹਰ ਥਾਂ ਉਸੇ ਨੂੰ ਵੇਖਦਾ ਹਾਂ, ਉਸ ਤੋਂ ਬਿਨਾ ਉਸ ਵਰਗਾ ਕੋਈ ਹੋਰ ਨਹੀਂ ਹੈ। ਉਸ ਨੂੰ (ਹਰ ਥਾਂ) ਵੇਖ ਕੇ ਮੈਂ ਉਸ ਦੀ ਸਿਫ਼ਤਿ ਸਾਲਾਹ ਕਰਦਾ ਹਾਂ, ਉਹੀ ਮੈਨੂੰ ਆਪਣੇ ਮਨ ਵਿਚ ਪਿਆਰਾ ਲੱਗਦਾ ਹੈ। ੮। ੧।

ਬਿਲਾਵਲੁ ਮਹਲਾ ੧ ॥ ਮਨ ਕਾ ਕਹਿਆ ਮਨਸਾ ਕਰੈ ॥ ਇਹੁ ਮਨੁ ਪੁੰਨੁ ਪਾਪੁ ਉਚਰੈ ॥ ਮਾਇਆ ਮਦਿ ਮਾਤੇ ਤ੍ਰਿਪਤਿ ਨ ਆਵੈ॥ਤ੍ਰਿਪਤਿ ਮੁਕਤਿ ਮਨਿ ਸਾਚਾ ਭਾਵੈ ॥੧॥ ਤਨੁ ਧਨੁ ਕਲਤੁ ਸਭੁ ਦੇਖੁ ਅਭਿਮਾਨਾ॥ ਬਿਨੁ ਨਾਵੈ ਕਿਛੁ ਸੰਗਿ ਨ ਜਾਨਾ ॥ ੧ ॥ ਰਹਾਉ ॥ ਕੀਚਹਿ ਰਸ ਭੋਗ ਖੁਸੀਆ ਮਨ ਕੇਰੀ ॥ ਧਨੁ ਲੋਕਾਂ ਤਨੁ ਭਸਮੈ ਢੇਰੀ ॥ ਖਾਕੂ ਖਾਕੁ ਰਲੈ ਸਭੁ ਫੈਲੁ ॥ ਬਿਨੁ ਸਬਦੈ ਨਹੀ ਉਤਰੈ ਮੈਲੁ ॥ ੨ ॥ ਗੀਤ ਰਾਗ ਘਨ ਤਾਲ ਸਿ ਕੂਰੇ ॥ ਤ੍ਰਿਹੁ ਗੁਣ ਉਪਜੈ ਬਿਨਸੈ ਦੂਰੇ ॥ ਦੂਜੀ ਦੁਰਮਤਿ ਦਰਦੁ ਨ ਜਾਇ ॥ ਛੂਟੈ ਗੁਰਮੁਖਿ ਦਾਰੂ ਗੁਣ ਗਾਇ ॥ ੩ ॥ ਧੋਤੀ ਊਜਲ ਤਿਲਕੁ ਗਲਿ ਮਾਲਾ ॥ ਅੰਤਰਿ ਕ੍ਰੋਧੁ ਪੜਹਿ ਨਾਟਸਾਲਾ ॥ ਨਾਮੁ ਵਿਸਾਰਿ ਮਾਇਆ ਮਦੁ ਪੀਆ ॥ ਬਿਨੁ ਗੁਰ ਭਗਤਿ ਨਾਹੀ ਸੁਖੁ ਥੀਆ ॥ ੪ ॥ ਸੂਕਰ ਸੁਆਨ ਗਰਧਭ ਮੰਜਾਰਾ ॥ ਪਸੂ ਮਲੇਛ ਨੀਚ ਚੰਡਾਲਾ ॥ ਗੁਰ ਤੇ ਮੁਹੁ ਫੇਰੇ ਤਿਨ੍ ਜੋਨਿ ਭਵਾਈਐ ॥ ਬੰਧਨਿ ਬਾਧਿਆ ਆਈਐ ਜਾਈਐ ॥ ੫ ॥ ਗੁਰ ਸੇਵਾ ਤੇ ਲਹੈ ਪਦਾਰਥੁ ॥ ਹਿਰਦੈ ਨਾਮੁ ਸਦਾ ਕਿਰਤਾਰਥੁ ॥ ਸਾਚੀ ਦਰਗਹ ਪੂਛ ਨ ਹੋਇ ॥ ਮਾਨੇ ਹੁਕਮੁ ਸੀਝੈ ਦਰਿ ਸੋਇ ॥ ੬ ॥ ਸਤਿਗੁਰੁ ਮਿਲੈ ਤ ਤਿਸ ਕਉ ਜਾਣੈ ॥ ਰਹੈ ਰਜਾਈ ਹੁਕਮੁ ਪਛਾਣੈ ॥ ਹੁਕਮੁ ਪਛਾਣਿ ਸਚੈ ਦਰਿ ਵਾਸੁ ॥ਕਾਲ ਬਿਕਾਲ ਸਬਦਿ ਭਏ ਨਾਸੁ ॥੭॥ ਰਹੈ ਅਤੀਤੁ ਜਾਣੈ ਸਭੁ ਤਿਸ ਕਾ ॥ ਤਨੁ ਮਨੁ ਅਰਪੈ

ਹੈ ਇਹੁ ਜਿਸ ਕਾ ॥ ਨਾ ਓਹੁ ਆਵੈ ਨਾ ਓਹੁ ਜਾਇ ॥ ਨਾਨਕ ਸਾਚੇ ਸਾਚਿ ਸਮਾਇ ॥੮॥੨॥ [ਪੰਨਾ ੮੩੨]

ਪਦ ਅਰਥ :–ਮਨਸਾ–ਬੁੱਧੀ, ਅਕਲ। ਉਚਰੈ–ਗੱਲਾਂ ਕਰਦਾ ਹੈ। ਮਦਿ–ਮਦ ਵਿਚ, ਨਸ਼ੇ ਵਿਚ। ਮਾਤੇ–ਮਸਤੇ ਹੋਏ ਨੂੰ। ਮੁਕਤਿ–(ਮਾਇਆ ਦੇ ਪੰਜੇ ਵਿਚੋਂ) ਖਲਾਸੀ। ਮਨਿ–ਮਨ ਵਿਚ। ਸਾਚਾ–ਸਦਾ-ਥਿਰ ਪ੍ਰਭੂ। ੧।

ਕਲਤੁ–ਇਸਤ੍ਰੀ [ਨੋਟ : ਇਹ ਲਫ਼ਜ਼ ਵੇਖਣ ਨੂੰ ਪੁਲਿੰਗ ਹੈ। ਸੰਸਕ੍ਰਿਤ ਲਫ਼ਜ਼ ਕਲਤ੍ਰ ਨਪੁੰਸਕ ਲਿੰਗ ਹੈ]। ਅਭਿਮਾਨਾ–ਹੇ ਅਭਿਮਾਨੀ ! ਰਹਾਉ।

ਕੀਚਹਿ–ਕਰੀਦੇ ਹਨ। ਕੇਰੀ–ਦੀ, ਦੀਆਂ। ਭਸਮੈ–ਸੁਆਹ ਦੀ। ਖਾਕੂ–ਖ਼ਾਕ ਵਿਚ। ਫੈਲੁ–ਪਸਾਰਾ। ੨।

ਘਨ–ਬਹੁਤ। ਸਿ–ਇਹ ਸਾਰੇ। ਕੂਰੇ–ਕੂੜੇ, ਝੂਠੇ। ਤ੍ਰਿਹੁ ਗੁਣ–ਮਾਇਆ ਦੇ ਤਿੰਨਾਂ ਗੁਣਾਂ ਵਿਚ। ਉਪਜੈ ਬਿਨਸੈ–(ਜੀਵ) ਜੰਮਦਾ ਮਰਦਾ ਹੈ। ਦੂਜੀ–ਪ੍ਰਭੂ ਤੋਂ ਬਿਨਾ ਹੋਰ ਆਸਰੇ ਦੀ ਝਾਕ। ਦਰਦ–ਰੋਗ। ੩।

ਊਜਲ–ਚਿੱਟੀ। ਗਲਿ–ਗਲ ਵਿਚ। ਨਾਟਸਾਲਾ–ਨਾਟ-ਘਰ, ਜਿਥੇ ਨਾਟ ਸਿਖਾਇਆ ਜਾਂਦਾ ਹੈ। ਮਦੁ–ਸ਼ਰਾਬ। ੪।

ਸੂਕਰ–ਸੂਰ। ਸੁਆਨ–ਕੁੱਤੇ। ਗਰਧਭ–ਖੋਤੇ। ਮੰਜਾਰਾ–ਬਿੱਲੇ। ਤੇ–ਤੋਂ। ਬੰਧਨਿ–ਬੰਧਨ ਵਿਚ। ੫।

ਲਹੈ–ਪ੍ਰਾਪਤ ਕਰਦਾ ਹੈ। ਪਦਾਰਥੁ–ਨਾਮ-ਵਸਤੁ। ਕਿਰਤਾਰਥੁ–ਸਫਲ, ਕਾਮ-ਯਾਬ। ਸੀਝੈ–ਕਾਮਯਾਬ ਹੁੰਦਾ ਹੈ। ਦਰਿ–ਪ੍ਰਭੂ ਦੇ ਦਰ ਤੇ। ਸੋਇ–ਉਹ ਮਨੁੱਖ। ੬।

ਤਿਸ ਕਉ–ਉਸ(ਪਰਮਾਤਮਾ)ਨੂੰ। ਰਜਾਈ–ਰਜ਼ਾ ਵਿਚ। ਪਛਾਨਿ–ਪਛਾਣ ਕੇ। ਕਾਲ ਬਿਕਾਲ–ਮੌਤ ਤੇ ਜਨਮ, ਜਨਮ ਮਰਨ। ੭।

ਅਤੀਤੁ–ਨਿਰਲੇਪ, ਤਿਆਗੀ। ਤਿਸ ਕਾ–ਉਸ ਪਰਮਾਤਮਾ ਦਾ। ਅਰਪੈ–ਭੇਟਾ ਕਰਦਾ ਹੈ। ਓਹੁ–ਉਹ ਜੀਵ। ਸਾਚੇ ਸਾਚਿ–ਸਾਚਿ ਹੀ ਸਾਚਿ, ਸਦਾ ਹੀ ਸੱਚੇ ਹਰੀ ਵਿਚ। ੮।

ਅਰਥ :–ਹੇ ਅਭਿਮਾਨੀ ਜੀਵ ! ਵੇਖ, ਇਹ ਸਰੀਰ, ਇਹ ਧਨ, ਇਹ ਇਸਤ੍ਰੀ–ਇਹ ਸਭ (ਸਦਾ ਨਾਲ ਨਿਭਣ ਵਾਲੇ ਨਹੀਂ ਹਨ) ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਚੀਜ਼ (ਜੀਵ ਦੇ) ਨਾਲ ਨਹੀਂ ਜਾਂਦੀ। ੧। ਰਹਾਉ।

(ਪ੍ਰਭੂ-ਨਾਮ ਤੋਂ ਖੁੰਝੇ ਹੋਏ ਮਨੁੱਖ ਦੀ) ਬੁੱਧੀ (ਭੀ) ਮਨ ਦੇ ਕਹੇ ਵਿਚ ਤੁਰਦੀ ਹੈ, ਤੇ, ਇਹ ਮਨ ਨਿਰੀਆਂ ਇਹੀ ਗੱਲਾਂ ਸੋਚਦਾ ਹੈ ਕਿ (ਸ਼ਾਸਤ੍ਰਾਂ ਦੀ ਮਰਯਾਦਾ ਅਨੁਸਾਰ)

ਪੁੰਨ ਕੀਹ ਹੈ ਤੇ ਪਾਪ ਕੀਹ ਹੈ। ਮਾਇਆ ਦੇ ਨਸ਼ੇ ਵਿਚ ਮਸਤ ਹੋਏ ਮਨੁੱਖ ਨੂੰ (ਮਾਇਆ ਵਲੋਂ) ਰਜੇਵਾਂ ਨਹੀਂ ਹੁੰਦਾ। ਮਾਇਆ ਵਲੋਂ ਰਜੇਵਾਂ ਤੇ ਮਾਇਆ ਦੇ ਮੋਹ ਤੋਂ ਖਲਾਸੀ ਤਦੋਂ ਹੀ ਹੁੰਦੀ ਹੈ ਜਦੋਂ ਮਨੁੱਖ ਨੂੰ ਸਦਾ ਥਿਰ ਰਹਿਣ ਵਾਲਾ ਪ੍ਰਭੂ ਮਨ ਵਿਚ ਪਿਆਰਾ ਲੱਗਣ ਲੱਗ ਪਏ। ੧।

ਮਾਇਕ ਰਸਾਂ ਦੇ ਭੋਗ ਕਰੀਦੇ ਹਨ, ਮਨ ਦੀਆਂ ਮੌਜਾਂ ਮਾਣੀਦੀਆਂ ਹਨ, (ਪਰ ਮੌਤ ਆਉਣ ਤੇ) ਧਨ (ਹੋਰ) ਲੋਕਾਂ ਦਾ ਬਣ ਜਾਂਦਾ ਹੈ ਤੇ ਇਹ ਸਰੀਰ ਮਿੱਟੀ ਦੀ ਢੇਰੀ ਹੋ ਜਾਂਦਾ ਹੈ। ਇਹ ਸਾਰਾ ਹੀ ਪਸਾਰਾ (ਅੰਤ) ਖ਼ਾਕ ਵਿਚ ਹੀ ਰਲ ਜਾਂਦਾ ਹੈ (ਮਨ ਉਤੇ ਵਿਸ਼ੇ ਵਿਕਾਰਾਂ ਦੀ ਮੈਲ ਇਕੱਠੀ ਹੁੰਦੀ ਜਾਂਦੀ ਹੈ, ਉਹ) ਮੈਲ ਗੁਰੂ ਦੇ ਸ਼ਬਦ ਤੋਂ ਬਿਨਾ ਨਹੀਂ ਲਹਿੰਦੀ। ੨।

(ਪ੍ਰਭੂ-ਨਾਮ ਤੋਂ ਖੁੰਝ ਕੇ) ਮਨੁੱਖ ਅਨੇਕਾਂ ਕਿਸਮਾਂ ਦੇ ਗੀਤ ਰਾਗ ਤੇ ਤਾਲ ਆਦਿਕਾਂ ਵਿਚ ਮਨ ਪਰਚਾਂਦਾ ਹੈ ਪਰ ਇਹ ਸਭ ਝੂਠੇ ਉੱਦਮ ਹਨ (ਕਿਉਂਕਿ ਨਾਮ ਤੋਂ ਬਿਨਾ ਜੀਵ) ਤਿੰਨਾਂ ਗੁਣਾਂ ਦੇ ਅਸਰ ਹੇਠ ਜੰਮਦਾ ਮਰਦਾ ਰਹਿੰਦਾ ਹੈ ਤੇ (ਪ੍ਰਭੂ-ਚਰਨਾਂ ਤੋਂ) ਵਿਛੁੜਿਆ ਰਹਿੰਦਾ ਹੈ। (ਇਹਨਾਂ ਗੀਤਾਂ ਰਾਗਾਂ ਦੀ ਸਹਾਇਤਾ ਨਾਲ ਜੀਵ ਦੀ) ਹੋਰ ਝਾਕ ਤੇ ਭੈੜੀ ਮਤਿ ਦੂਰ ਨਹੀਂ ਹੁੰਦੀ, ਆਤਮਕ ਰੋਗ ਨਹੀਂ ਜਾਂਦਾ। (ਇਸ ਦੂਜੀ ਝਾਕ ਤੋਂ, ਦੁਰਮਤਿ ਤੋਂ, ਆਤਮਕ ਰੋਗ ਤੋਂ ਉਹ ਮਨੁੱਖ) ਖਲਾਸੀ ਪਾਂਦਾ ਹੈ ਜੋ ਗੁਰੂ ਦੇ ਸਨ-ਮੁਖ ਹੋ ਕੇ ਪਰਮਾਤਮਾ ਦੇ ਗੁਣ ਗਾਂਦਾ ਹੈ (ਇਹ ਸਿਫ਼ਤਿ ਸਾਲਾਹ ਹੀ ਇਹਨਾਂ ਰੋਗਾਂ ਦਾ) ਦਾਰੂ ਹੈ।

ਜੇਹੜੇ ਮਨੁੱਖ ਚਿੱਟੀ ਧੋਤੀ ਪਹਿਨਦੇ ਹਨ (ਮੱਥੇ ਉਤੇ) ਤਿਲਕ ਲਾਂਦੇ ਹਨ, ਗਲ ਵਿਚ ਮਾਲਾ ਪਾਂਦੇ ਹਨ ਤੇ (ਵੇਦ ਆਦਿਕਾਂ ਦੇ ਮੰਤ੍ਰ) ਪੜ੍ਹਦੇ ਹਨ ਪਰ ਉਹਨਾਂ ਦੇ ਅੰਦਰ ਕ੍ਰੋਧ ਪ੍ਰਬਲ ਹੈ ਉਹਨਾਂ ਦਾ ਉੱਦਮ ਇਉਂ ਹੀ ਹੈ ਜਿਵੇਂ ਕਿਸੇ ਨਾਟ-ਘਰ ਵਿਚ (ਨਾਟ-ਵਿੱਦਿਆ ਦੀ ਸਿਖਲਾਈ ਕਰ ਕਰਾ ਰਹੇ ਹਨ)।

ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦਾ ਨਾਮ ਭੁਲਾ ਕੇ ਮਾਇਆ (ਦੇ ਮੋਹ) ਦੀ ਸ਼ਰਾਬ ਪੀਤੀ ਹੋਈ ਹੋਵੇ, (ਉਹਨਾਂ ਨੂੰ ਸੁਖ ਨਹੀਂ ਹੋ ਸਕਦਾ)। ਗੁਰੂ ਤੋਂ ਬਿਨਾ ਪ੍ਰਭੂ ਦੀ ਭਗਤੀ ਨਹੀਂ ਹੋ ਸਕਦੀ, ਤੇ ਭਗਤੀ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ। ੪।

ਜਿਨ੍ਹਾਂ ਬੰਦਿਆਂ ਨੇ ਆਪਣਾ ਮੂੰਹ ਗੁਰੂ ਵਲੋਂ ਮੋੜਿਆ ਹੋਇਆ ਹੈ ਉਹਨਾਂ ਨੂੰ ਸੂਰ ਕੁੱਤੇ ਖੋਤੇ ਬਿੱਲੇ ਪਸ਼ੂ ਮਲੇਛ ਨੀਚ ਚੰਡਾਲ ਆਦਿਕਾਂ ਦੀਆਂ ਜੂਨਾਂ ਵਿਚ ਭਵਾਇਆ ਜਾਂਦਾ ਹੈ। ਮਾਇਆ ਦੇ ਮੋਹ ਦੇ ਬੰਧਨ ਵਿਚ ਬੱਝਾ ਹੋਇਆ ਮਨੁੱਖ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। ੫।

ਗੁਰੂ ਦੀ ਦੱਸੀ ਸੇਵਾ ਦੀ ਰਾਹੀਂ ਹੀ ਮਨੁੱਖ ਨਾਮ-ਸਰਮਾਇਆ ਪ੍ਰਾਪਤ ਕਰਦਾ

ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਵੱਸਦਾ ਹੈ ਉਹ (ਜੀਵਨ-ਜਾਤ੍ਰਾ ਵਿਚ) ਸਫਲ ਹੋ ਗਿਆ ਹੈ। ਪਰਮਾਤਮਾ ਦੀ ਦਰਗਾਹ ਵਿਚ ਉਸ ਪਾਸੋਂ ਲੇਖਾ ਨਹੀਂ ਮੰਗਿਆ ਜਾਂਦਾ (ਕਿਉਂਕਿ ਉਸ ਦੇ ਜ਼ਿਮੇ ਕੋਈ ਬਾਕੀ ਨਹੀਂ ਨਿਕਲਦੀ)। ਜੇਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਨੂੰ (ਸਿਰ ਮੱਥੇ) ਮੰਨਦਾ ਹੈ ਉਹ ਪਰਮਾਤਮਾ ਦੇ ਦਰ ਤੇ ਕਾਮਯਾਬ ਹੋ ਜਾਂਦਾ ਹੈ। ੬।

ਜਦੋਂ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ ਤਾਂ ਇਹ ਉਸ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲੈਂਦਾ ਹੈ, ਪਰਮਾਤਮਾ ਦੀ ਰਜ਼ਾ ਨੂੰ ਸਮਝਦਾ ਹੈ ਤੇ ਰਜ਼ਾ ਵਿਚ (ਰਾਜ਼ੀ) ਰਹਿੰਦਾ ਹੈ। ਸਦਾ-ਥਿਰ ਪ੍ਰਭੂ ਦੀ ਰਜ਼ਾ ਨੂੰ ਸਮਝ ਕੇ ਉਸ ਦੇ ਦਰ ਤੇ ਥਾਂ ਪ੍ਰਾਪਤ ਕਰ ਲੈਂਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਉਸ ਦੇ ਜਨਮ ਮਰਨ (ਦੇ ਗੇੜ) ਮੁੱਕ ਜਾਂਦੇ ਹਨ। ੭।

(ਸਿਮਰਨ ਦੀ ਬਰਕਤਿ ਨਾਲ) ਜੇਹੜਾ ਮਨੁੱਖ (ਅੰਤਰ ਆਤਮੇ ਮਾਇਆ ਦੇ ਮੋਹ ਵਲੋਂ) ਉਪਰਾਮ ਰਹਿੰਦਾ ਹੈ ਉਹ ਹਰੇਕ ਚੀਜ਼ ਨੂੰ ਪਰਮਾਤਮਾ ਦੀ (ਦਿੱਤੀ ਹੋਈ) ਹੀ ਸਮਝਦਾ ਹੈ। ਜਿਸ ਪਰਮਾਤਮਾ ਨੇ ਇਹ ਸਰੀਰ ਤੇ ਮਨ ਦਿੱਤਾ ਹੈ ਉਸ ਦੇ ਹਵਾਲੇ ਕਰਦਾ ਹੈ।

ਹੇ ਨਾਨਕ ! ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚੋਂ ਬਚ ਜਾਂਦਾ ਹੈ,ਉਹ ਸਦਾ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੀਨ ਰਹਿੰਦਾ ਹੈ। ੮। ੨।

ਬਿਲਾਵਲੁ ਮਹਲਾ ੩ ਅਸਟਪਦੀ ਘਰੁ ੧੦

੧ ਓ ਸਤਿਗੁਰ ਪ੍ਰਸਾਦਿ ॥ ਜਗੁ ਕਊਆ ਮੁਖਿ ਚੁੰਚ ਗਿਆਨੁ ॥ ਅੰਤਰਿ ਲੋਭੁ ਝੂਠੁ ਅਭਿਮਾਨੁ ॥ ਬਿਨੁ ਨਾਵੈ ਪਾਜੁ ਲਹਗੁ ਨਿਦਾਨਿ ॥੧॥ ਸਤਿਗੁਰ ਸੇਵਿ ਨਾਮੁ ਵਸੈ ਮਨਿ ਚੀਤਿ ॥ ਗੁਰੁ ਭੇਟੇ ਹਰਿ ਨਾਮੁ ਚੇਤਾਵੈ ਬਿਨੁ ਨਾਵੈ ਹੋਰ ਝੂਠੁ ਪਰੀਤਿ ॥ ੧ ॥ ਰਹਾਉ ॥ ਗੁਰਿ ਕਹਿਆ ਸਾ ਕਾਰ ਕਮਾਵਹੁ ॥ ਸਬਦੁ ਚੀਨਿ ਸਹਜ ਘਰਿ ਆਵਹੁ ॥ ਸਾਚੈ ਨਾਇ ਵਡਾਈ ਪਾਵਹੁ ॥੨॥ ਆਪਿ ਨ ਬੂਝੈ ਲੋਕ ਬੁਝਾਵੈ ॥ ਮਨ ਕਾ ਅੰਧਾ ਅੰਧੁ ਕਮਾਵੈ ॥ ਦਰੁ ਘਰੁ ਮਹਲੁ ਠਉਰੁ ਕੈਸੇ ਪਾਵੈ ॥ ੩ ॥ [ਪੰਨਾ ੮੩੨]

ਪਦ ਅਰਥ :—ਜਗੁ—ਜਗਤ, ਮਾਇਆ-ਵੇੜ੍ਹਿਆ ਜੀਵ। ਕਊਆ—ਕਾਂ, (ਕਾਂ ਵਾਂਗ ਲੋਂ ਲੋਂ ਕਰਨ ਵਾਲਾ)। ਮੁਖਿ—ਮੂੰਹੋਂ, ਮੂੰਹ ਨਾਲ, ਨਿਰਾ ਮੂੰਹ ਨਾਲ। ਚੁੰਚ ਗਿਆਨੁ—ਚੁੰਝ ਦਾ ਗਿਆਨ, ਜ਼ਬਾਨੀ ਜ਼ਬਾਨੀ ਆਤਮਕ ਜੀਵਨ ਦੀ ਸੂਝ। ਅੰਤਰਿ—ਮਨ ਵਿਚ, ਅੰਦਰ। ਪਾਜੁ—ਵਿਖਾਵਾ । ਲਹਗੁ—ਲਹਿ ਜਾਇਗਾ [ਭਵਿਖਤ ਕਾਲ,

ਪੁਲਿੰਗ]। ਨਿਦਾਨਿ—ਅੰਤ ਨੂੰ, ਆਖ਼ਿਰ। ੧।

ਸਤਿਗੁਰ ਸੇਵਿ—ਗੁਰੂ ਦੀ ਸਰਨ ਪੈ ਕੇ। ਮਨਿ—ਮਨ ਵਿਚ। ਚੀਤਿ—ਚਿੱਤ ਵਿਚ। ਭੇਟੈ—ਮਿਲਦਾ ਹੈ। ਚੇਤਾਵੈ—ਜਪਾਂਦਾ ਹੈ, ਚੇਤੇ ਕਰਾਂਦਾ ਹੈ। ਪਰੀਤਿ—ਪਿਆਰ। ੧। ਰਹਾਉ।

ਗੁਰਿ—ਗੁਰੂ ਨੇ। ਸਾ—ਉਹ [ਇਸਤ੍ਰੀਲਿੰਗ]। ਚੀਨ੍ਹਿ—ਪਛਾਣ ਕੇ, ਸਾਂਝ ਪਾ ਕੇ। ਸਹਜ—ਆਤਮਕ ਅਡੋਲਤਾ। ਸਹਜ ਘਰਿ—ਆਤਮਕ ਅਡੋਲਤਾ ਦੇ ਘਰ ਵਿਚ। ਨਾਇ—ਨਾਮ ਦੀ ਰਾਹੀਂ। ਸਾਚੈ ਨਾਇ—ਸਦਾ-ਥਿਰ ਪ੍ਰਭੂ ਦੇ ਨਾਮ ਦੀ ਰਾਹੀਂ। ਵਡਾਈ—ਇੱਜ਼ਤ। ੨।

ਬੂਝੈ—ਸਮਝਦਾ। ਬੁਝਾਵੈ—ਸਮਝਾਂਦਾ ਹੈ। ਅੰਧੁ ਕਮਾਵੈ—ਅੰਨ੍ਹਿਆਂ ਵਾਲਾ ਕੰਮ ਕਰਦਾ ਹੈ। ਕੈਸੇ—ਕਿਵੇਂ ? ੩।

ਅਰਥ :—ਹੇ ਭਾਈ ! ਗੁਰੂ ਦੀ ਸਰਨ ਪਿਆਂ (ਪਰਮਾਤਮਾ ਦਾ) ਨਾਮ (ਮਨੁੱਖ ਦੇ) ਮਨ ਵਿਚ ਚਿੱਤ ਵਿਚ ਆ ਵੱਸਦਾ ਹੈ। (ਜਿਸ ਮਨੁੱਖ ਨੂੰ) ਗੁਰੂ ਮਿਲ ਪੈਂਦਾ ਹੈ, ਉਸ ਨੂੰ (ਗੁਰੂ ਪਰਮਾਤਮਾ ਦਾ) ਨਾਮ ਜਪਾਂਦਾ ਹੈ। ਹੇ ਭਾਈ ! (ਪਰਮਾਤਮਾ ਦੇ) ਨਾਮ (ਦੇ ਪਿਆਰ) ਤੋਂ ਬਿਨਾ ਹੋਰ ਪਿਆਰ ਝੂਠਾ ਹੈ। ੧। ਰਹਾਉ।

ਹੇ ਭਾਈ ! ਮਾਇਆ-ਵੇੜ੍ਹਿਆ ਮਨੁੱਖ ਕਾਂ (ਵਾਂਗ ਲੌਂ ਲੌਂ ਕਰਨ ਵਾਲਾ) ਹੈ, (ਨਿਰਾ) ਮੂੰਹੋਂ (ਹੀ) ਜ਼ਬਾਨੀ ਜ਼ਬਾਨੀ ਆਤਮਕ ਜੀਵਨ ਦੀ ਸੂਝ (ਦੱਸਦਾ ਰਹਿੰਦਾ ਹੈ, ਜਿਵੇਂ ਕਾਂ ਆਪਣੀ ਚੁੰਝ ਨਾਲ 'ਕਾਂ ਕਾਂ' ਕਰਦਾ ਹੈ)। (ਪਰ ਉਸ ਚੁੰਚ-ਗਿਆਨੀ ਦੇ) ਮਨ ਵਿਚ ਲੋਭ (ਟਿਕਿਆ ਰਹਿੰਦਾ) ਹੈ, ਝੂਠ (ਟਿਕਿਆ ਰਹਿੰਦਾ) ਹੈ, ਅਹੰਕਾਰ (ਟਿਕਿਆ ਰਹਿੰਦਾ) ਹੈ। ਹੇ ਭਾਈ ! ਨਾਮ ਤੋਂ ਵਾਂਜੇ ਰਹਿ ਕੇ ਇਹ ਧਾਰਮਿਕ ਵਿਖਾਵਾ ਆਖ਼ਰ ਉੱਘੜ ਹੀ ਜਾਂਦਾ ਹੈ। ੧।

ਹੇ ਭਾਈ ! ਉਹ ਕਾਰ ਕਰਿਆ ਕਰੋ ਜਿਹੜੀ ਗੁਰੂ ਨੇ ਦੱਸੀ ਹੈ (ਉਹ ਕਾਰ ਹੈ ਨਾਮ ਦਾ ਸਿਮਰਨ), ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਨਾਲ ਡੂੰਘੀ ਸਾਂਝ ਪਾ ਕੇ ਆਤਮਕ ਅਡੋਲਤਾ ਦੇ ਘਰ ਵਿਚ ਟਿਕਿਆ ਕਰੋ। ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜ ਕੇ (ਲੋਕ ਪਰਲੋਕ ਦੀ) ਵਡਿਆਈ ਹਾਸਲ ਕਰੋਗੇ। ੨।

ਹੇ ਭਾਈ ! (ਜਿਹੜਾ ਮਨੁੱਖ ਆਤਮਕ ਜੀਵਨ ਬਾਰੇ) ਆਪ (ਤਾਂ ਕੁਝ) ਸਮਝਦਾ ਨਹੀਂ, ਪਰ ਲੋਕਾਂ ਨੂੰ ਸਮਝਾਂਦਾ ਰਹਿੰਦਾ ਹੈ, ਉਸ ਦਾ ਆਪਣਾ ਆਪਾ (ਆਤਮਕ ਜੀਵਨ ਵਲੋਂ) ਬਿਲਕੁਲ ਕੋਰਾ ਹੈ (ਅੰਨ੍ਹਾ ਹੈ, ਇਸ ਵਾਸਤੇ ਆਤਮਕ ਜੀਵਨ ਦੇ ਰਸਤੇ ਵਿਚ ਉਹ ਅੰਨ੍ਹਿਆਂ ਵਾਂਗ ਠੇਡੇ ਖਾਂਦਾ ਰਹਿੰਦਾ ਹੈ) ਅੰਨ੍ਹਿਆਂ ਵਾਲਾ ਕੰਮ ਕਰਦਾ ਰਹਿੰਦਾ ਹੈ। ਹੇ ਭਾਈ ! ਅਜਿਹਾ ਮਨੁੱਖ ਪਰਮਾਤਮਾ ਦਾ ਦਰ ਘਰ, ਪਰਮਾਤਮਾ ਦਾ

ਮਹਲ, ਪਰਮਾਤਮਾ ਦਾ ਟਿਕਾਣਾ ਬਿਲਕੁਲ ਨਹੀਂ ਲੱਭ ਸਕਦਾ । ੩ ।

ਹਰਿ ਜੀਉ ਸੇਵੀਐ ਅੰਤਰਜਾਮੀ ॥ ਘਟ ਘਟ ਅੰਤਰਿ ਜਿਸ ਕੀ ਜੋਤਿ ਸਮਾਨੀ ॥ ਤਿਸੁ ਨਾਲਿ ਕਿਆ ਚਲੈ ਪਹਨਾਮੀ ॥ ੪ ॥ ਸਾਚਾ ਨਾਮੁ ਸਾਚੈ ਸਬਦਿ ਜਾਨੈ ॥ ਆਪੈ ਆਪੁ ਮਿਲੈ ਚੂਕੈ ਅਭਿਮਾਨੈ ॥ ਗੁਰਮੁਖਿ ਨਾਮੁ ਸਦਾ ਸਦਾ ਵਖਾਨੈ ॥ ੫ ॥ ਸਤਿਗੁਰਿ ਸੇਵਿਐ ਦੂਜੀ ਦੁਰਮਤਿ ਜਾਈ ॥ ਅਉਗਣ ਕਾਟਿ ਪਾਪਾ ਮਤਿ ਖਾਈ ॥ ਕੰਚਨ ਕਾਇਆ ਜੋਤੀ ਜੋਤਿ ਸਮਾਈ ॥ ੬ ॥ ਸਤਿਗੁਰਿ ਮਿਲਿਐ ਵਡੀ ਵਡਿਆਈ ॥ ਦੁਖੁ ਕਾਟੈ ਹਿਰਦੈ ਨਾਮੁ ਵਸਾਈ ॥ ਨਾਮਿ ਰਤੇ ਸਦਾ ਸੁਖੁ ਪਾਈ ॥ ੭ ॥ ਗੁਰਮਤਿ ਮਾਨਿਆ ਕਰਣੀ ਸਾਰੁ ॥ ਗੁਰਮਤਿ ਮਾਨਿਆ ਮੋਖ ਦੁਆਰੁ ॥ ਨਾਨਕ ਗੁਰਮਤਿ ਮਾਨਿਆ ਪਰਵਾਰੈ ਸਾਧਾਰੁ ॥ ੮ ॥ ੧ ॥ ੩ ॥ [ਪੰਨਾ ੮੩੨]

ਪਦ ਅਰਥ :-ਸੇਵੀਐ-ਸੇਵਾ-ਭਗਤੀ ਕਰਨੀ ਚਾਹੀਦੀ ਹੈ । ਘਟ ਘਟ ਅੰਤਰਿ-ਹਰੇਕ ਸਰੀਰ ਵਿਚ । ਅੰਤਰਜਾਮੀ-ਸਭ ਦੇ ਦਿਲ ਦੀ ਜਾਣਨ ਵਾਲਾ । ਜਿਸ ਕੀ-[ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ] । ਸਮਾਨੀ-ਲੀਨ ਹੈ, ਸਮਾਈ ਹੋਈ ਹੈ । ਪਹਨਾਮੀ-ਲੁਕਾ-ਛਿਪਾ । ੪ ।

ਸਾਚਾ-ਸਦਾ ਥਿਰ ਰਹਿਣ ਵਾਲਾ । ਸਾਚੈ ਸਬਦਿ-ਸਦਾ-ਥਿਰ ਹਰੀ (ਦੀ ਸਿਫ਼ਤਿ ਸਾਲਾਹ) ਦੇ ਸ਼ਬਦ ਦੀ ਰਾਹੀਂ । ਜਾਨੈ-ਜਾਣਦਾ ਹੈ, ਡੂੰਘੀ ਸਾਂਝ ਪਾਂਦਾ ਹੈ । ਆਪੈ-(ਪਰਮਾਤਮਾ ਦੇ) ਆਪੇ ਵਿਚ । ਆਪੁ-ਆਪਣਾ ਆਪ । ਚੂਕੈ-ਮੁੱਕ ਜਾਂਦਾ ਹੈ । ਗੁਰਮੁਖਿ-ਗੁਰੂ ਦੀ ਸਰਨ ਪੈ ਕੇ । ੫ ।

ਸਤਿਗੁਰਿ ਸੇਵਿਐ-ਗੁਰੂ ਦੀ ਸਰਨ ਪਿਆਂ । ਦੁਰਮਤਿ-ਖੋਟੀ ਅਕਲ । ਜਾਈ-ਮੁੱਕ ਜਾਂਦੀ ਹੈ । ਕਾਟਿ-ਕੱਟ ਕੇ । ਖਾਈ-ਖਾਧੀ ਜਾਂਦੀ ਹੈ । ਕੰਚਨ-ਸੋਨਾ । ਕਾਇਆ-ਸਰੀਰ । ਕੰਚਨ ਕਾਇਆ-ਸਰੀਰ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ । ਜੋਤੀ-ਪ੍ਰਭੂ ਦੀ ਜੋਤਿ ਵਿਚ । ਜੋਤਿ-ਜਿੰਦ । ੬ ।

ਸਤਿਗੁਰਿ ਮਿਲਿਐ-ਜੇ ਗੁਰੂ ਮਿਲ ਪਏ । ਕਾਟੈ-ਕੱਟ ਦੇਂਦਾ ਹੈ । ਹਿਰਦੈ-ਹਿਰਦੇ ਵਿਚ । ਨਾਮਿ-ਨਾਮ ਵਿਚ । ਪਾਈ-ਪ੍ਰਾਪਤ ਕਰਦਾ ਹੈ, ਮਾਣਦਾ ਹੈ । ੭ ।

ਮਾਨਿਆ-ਮੰਨਿਆਂ, ਪਤੀਜਿਆਂ । ਸਾਰ-ਸ੍ਰੇਸ਼ਟ । ਕਰਣੀ-ਆਚਰਨ । ਮੋਖ ਦੁਆਰੁ-ਵਿਕਾਰਾਂ ਤੋਂ ਖਲਾਸੀ ਪ੍ਰਾਪਤ ਕਰਨ ਦਾ ਦਰਵਾਜ਼ਾ । ਪਰਵਾਰੈ-ਪਰਵਾਰ ਵਾਸਤੇ । ਸਾਧਾਰੁ-ਸ-ਆਧਾਰ, ਆਧਾਰ ਸਹਿਤ, ਆਸਰਾ ਦੇਣ-ਜੋਗਾ । ੮ ।

ਅਰਥ:-ਹੇ ਭਾਈ ! ਜਿਸ ਪਰਮਾਤਮਾ ਦੀ ਜੋਤਿ ਹਰੇਕ ਸਰੀਰ ਵਿਚ ਮੌਜੂਦ ਹੈ,

ਜੋ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਉਸ ਪਰਮਾਤਮਾ ਦੀ ਸੇਵਾ-ਭਗਤੀ ਕਰਨੀ ਚਾਹੀਦੀ ਹੈ। ਉਸ ਨਾਲ ਕੋਈ ਲੁਕਾ- ਛਿਪਾ ਨਹੀਂ ਚੱਲ ਸਕਦਾ। ੪।

ਹੇ ਭਾਈ ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ ਸਦਾ ਹੀ ਜਪਦਾ ਰਹਿੰਦਾ ਹੈ, ਜਿਹੜਾ ਮਨੁੱਖ ਸਦਾ-ਥਿਰ ਹਰੀ ਦੀ ਸਿਫ਼ਤਿ ਸਾਲਾਹ ਦੇ ਸ਼ਬਦ ਦੀ ਰਾਹੀਂ ਸਦਾ-ਥਿਰ ਹਰਿ-ਨਾਮ ਨਾਲ ਡੂੰਘੀ ਸਾਂਝ ਪਾਂਦਾ ਹੈ, ਉਸ ਦਾ ਆਪਣਾ-ਆਪ ਪਰਮਾਤਮਾ ਦੇ ਆਪੇ ਵਿਚ ਮਿਲ ਜਾਂਦਾ ਹੈ, (ਉਸ ਦੇ ਅੰਦਰੋਂ) ਅਹੰਕਾਰ ਮੁੱਕ ਜਾਂਦਾ ਹੈ। ੫।

ਹੇ ਭਾਈ ! ਜੇ ਗੁਰੂ ਦੀ ਸਰਨ ਪਏ ਰਹੀਏ, ਤਾਂ (ਅੰਦਰੋਂ) ਮਾਇਆ ਦੇ ਮੋਹ ਵਾਲੀ ਖੋਟੀ ਮਤਿ ਦੂਰ ਹੋ ਜਾਂਦੀ ਹੈ। (ਅੰਦਰੋਂ) ਸਾਰੇ ਔਗਣ ਕੱਟੇ ਜਾਂਦੇ ਹਨ, ਪਾਪਾਂ ਵਾਲੀ ਮਤਿ ਮੁੱਕ ਜਾਂਦੀ ਹੈ। (ਵਿਕਾਰਾਂ ਤੋਂ ਬਚੇ ਰਹਿਣ ਦੇ ਕਾਰਨ) ਸਰੀਰ ਸੋਨੇ ਵਰਗਾ ਸੁੱਧ ਰਹਿੰਦਾ ਹੈ, (ਮਨੁੱਖ ਦੀ) ਜਿੰਦ ਪਰਮਾਤਮਾ ਦੀ ਜੋਤਿ ਵਿਚ ਮਿਲੀ ਰਹਿੰਦੀ ਹੈ। ੬।

ਹੇ ਭਾਈ ! ਜੇ ਗੁਰੂ ਮਿਲ ਪਏ, ਤਾਂ (ਲੋਕ ਪਰਲੋਕ ਵਿਚ) ਬੜੀ ਵਡਿਆਈ ਮਿਲਦੀ ਹੈ। (ਗੁਰੂ ਮਨੁੱਖ ਦਾ) ਹਰੇਕ ਦੁੱਖ ਕੱਟ ਦੇਂਦਾ ਹੈ, (ਮਨੁੱਖ ਦੇ) ਹਿਰਦੇ ਵਿਚ (ਪਰਮਾਤਮਾ ਦਾ)ਨਾਮ ਵਸਾ ਦੇਂਦਾ ਹੈ।(ਪਰਮਾਤਮਾ ਦੇ)ਨਾਮ ਵਿਚ ਰੰਗੀਜ ਕੇ (ਮਨੁੱਖ) ਸਦਾ ਆਤਮਕ ਆਨੰਦ ਮਾਣਦਾ ਰਹਿੰਦਾ ਹੈ। ੭।

ਹੇ ਭਾਈ ! ਗੁਰੂ ਦੀ ਸਿੱਖਿਆ ਵਿਚ ਪਤੀਜਿਆਂ (ਮਨੁੱਖ ਦਾ) ਆਚਰਨ ਚੰਗਾ ਬਣ ਜਾਂਦਾ ਹੈ, ਗੁਰੂ ਦੀ ਮਤਿ ਵਿਚ ਮਨ ਮੰਨਿਆਂ ਵਿਕਾਰਾਂ ਵਲੋਂ ਖਲਾਸੀ ਪਾਣ ਵਾਲਾ ਰਸਤਾ ਲੱਭ ਪੈਂਦਾ ਹੈ। ਹੇ ਨਾਨਕ ! ਗੁਰੂ ਦੀ ਸਿੱਖਿਆ ਵਿਚ ਪਤੀਜਿਆਂ (ਮਨੁੱਖ) ਆਪਣੇ ਸਾਰੇ ਪਰਵਾਰ ਨੂੰ ਭੀ (ਹਰਿ-ਨਾਮ ਦਾ) ਆਸਰਾ ਦੇਣ-ਜੋਗਾ ਹੋ ਜਾਂਦਾ ਹੈ। ੮। ੧। ੩।

ਬਿਲਾਵਲੁ ਮਹਲਾ ੪ ਅਸਟਪਦੀਆ ਘਰੁ ੧੧

ੴ ਸਤਿਗੁਰ ਪ੍ਰਸਾਦਿ ॥ ਆਪੈ ਆਪੁ ਖਾਇ ਹਉ ਮੇਟੈ ਅਨਦਿਨੁ ਹਰਿ ਰਸ ਗੀਤ ਗਵਈਆ ॥ ਗੁਰਮੁਖਿ ਪਰਚੈ ਕੰਚਨ ਕਾਇਆ ਨਿਰਭਉ ਜੋਤੀ ਜੋਤਿ ਮਿਲਈਆ ॥ ੧ ॥ ਮੈ ਹਰਿ ਹਰਿ ਨਾਮੁ ਅਧਾਰੁ ਰਮਈਆ ॥ ਖਿਨੁ ਪਲੁ ਰਹਿ ਨ ਸਕਉ ਬਿਨੁ ਨਾਵੈ, ਗੁਰਮੁਖਿ ਹਰਿ ਹਰਿ ਪਾਠ ਪੜਈਆ ॥ ੧ ॥ ਰਹਾਉ ॥ ਏਕੁ ਗਿਰਹੁ ਦਸ ਦੁਆਰ ਹੈ ਜਾ ਕੇ ਅਹਿਨਿਸਿ ਤਸਕਰ ਪੰਚ ਚੋਰ ਲਗਈਆ ॥ ਧਰਮੁ ਅਰਥੁ ਸਭੁ ਹਿਰਿ ਲੇ ਜਾਵਹਿ

ਮਨਮੁਖ ਅੰਧੁਲੇ ਖਬਰਿ ਨ ਪਈਆ ॥ ੨ ॥ [ਪੰਨਾ ੮੩੩]

ਪਦ ਅਰਥ :–ਆਪੇ–ਪਰਮਾਤਮਾ ਦੇ ਆਪੇ ਵਿਚ। ਆਪੁ–ਆਪਣਾ ਆਪਾ। ਖਾਇ–ਮੁਕਾ ਕੇ। ਹਉ–ਹਉਮੈ। ਅਨਦਿਨੁ–ਹਰ ਰੋਜ਼, ਹਰ ਵੇਲੇ [अनुदिनं]। ਹਰਿ ਰਸ ਗੀਤ–ਹਰਿ-ਨਾਮ ਰਸ ਦੇ ਗੀਤ। ਗੁਰਮੁਖਿ–ਗੁਰੂ ਦੀ ਸਰਨ ਪੈ ਕੇ। ਪਰਚੈ–ਪਰਚ ਜਾਂਦਾ ਹੈ, ਪਤੀਜਦਾ ਹੈ। ਕੰਚਨ–ਸੋਨਾ, ਸੋਨੇ ਵਰਗੀ ਸੁੱਧ। ਕਾਇਆ–ਸਰੀਰ। ਜੋਤੀ–ਪਰਮਾਤਮਾ ਦੀ ਜੋਤਿ ਵਿਚ। ਜੋਤਿ–ਜਿੰਦ। ੧।

ਆਧਾਰੁ–ਆਸਰਾ। ਨਾਮੁ ਰਮਈਆ–ਸੋਹਣੇ ਰਾਮ ਦਾ ਨਾਮ। ਰਹਿ ਨ ਸਕਉ–ਮੈਂ ਰਹਿ ਨਹੀਂ ਸਕਦਾ (ਸਕਉਂ)। ੧। ਰਹਾਉ।

ਗਿਰਹੁ–ਗ੍ਰਿਹ, (ਸਰੀਰ-) ਘਰ। ਦੁਆਰ–ਦਰਵਾਜ਼ੇ। ਜਾ ਕੇ–ਜਿਸ (ਸਰੀਰ-ਘਰ) ਦੇ। ਅਹਿ–ਦਿਨ। ਨਿਸਿ–ਰਾਤ। ਤਸਕਰ–ਚੋਰ। ਪੰਚ ਚੋਰ–(ਕਾਮ ਕ੍ਰੋਧ ਲੋਭ ਮੋਹ ਅਹੰਕਾਰ) ਪੰਜ ਚੋਰ। ਅਰਥੁ–ਧਨ। ਸਭੁ–ਸਾਰਾ। ਹਿਰਿ ਲੈ ਜਾਵਹਿ–ਚੁਰਾ ਲੈ ਜਾਂਦੇ ਹਨ। ਮਨਮੁਖ–ਆਪਣੇ ਮਨ ਦੇ ਪਿੱਛੇ ਤੁਰਨ ਵਾਲਾ।ਅੰਧੁਲੇ–(ਆਤਮਕ ਜੀਵਨ ਵਲੋਂ) ਅੰਨ੍ਹੇ ਮਨੁੱਖ ਨੂੰ। ੨।

ਅਰਥ :–ਹੇ ਭਾਈ ! ਸੋਹਣੇ ਰਾਮ ਦਾ ਹਰਿ-ਨਾਮ ਮੇਰੇ ਵਾਸਤੇ (ਮੇਰੀ ਜ਼ਿੰਦਗੀ ਦਾ) ਆਸਰਾ (ਬਣ ਗਿਆ) ਹੈ, (ਹੁਣ) ਮੈਂ ਉਸ ਦੇ ਨਾਮ ਤੋਂ ਬਿਨਾ ਇਕ ਖਿਨ ਇਕ ਪਲ ਭੀ ਨਹੀਂ ਰਹਿ ਸਕਦਾ। ਗੁਰੂ ਦੀ ਸਰਨ ਪੈ ਕੇ (ਮੈਂ ਤਾਂ) ਹਰਿ-ਨਾਮ ਦਾ ਪਾਠ ਹੀ) ਪੜ੍ਹਦਾ ਰਹਿੰਦਾ ਹਾਂ। ੧। ਰਹਾਉ।

ਹੇ ਭਾਈ ! ਜਿਹੜਾ ਮਨੁੱਖ ਹਰ ਵੇਲੇ ਹਰਿ-ਨਾਮ ਰਸ ਦੇ ਗੀਤ ਗਾਂਦਾ ਰਹਿੰਦਾ ਹੈ, ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਹਰਿ-ਨਾਮ ਵਿਚ) ਪਰਚਿਆ ਰਹਿੰਦਾ ਹੈ, ਉਹ ਮਨੁੱਖ (ਪਰਮਾਤਮਾ ਦੇ) ਆਪੇ ਵਿਚ ਆਪਣਾ ਆਪ ਲੀਨ ਕਰ ਕੇ (ਆਪਣੇ ਅੰਦਰੋਂ) ਹਉਮੈ ਮਿਟਾ ਲੈਂਦਾ ਹੈ, (ਵਿਕਾਰਾਂ ਤੋਂ ਬਚੇ ਰਹਿਣ ਕਰਕੇ) ਉਸ ਦਾ ਸਰੀਰ ਸੋਨੇ ਵਰਗਾ ਸੁੱਧ ਹੋ ਜਾਂਦਾ ਹੈ, ਉਸ ਦੀ ਜਿੰਦ ਨਿਰਭਉ ਪ੍ਰਭੂ ਦੀ ਜੋਤਿ ਵਿਚ ਲੀਨ ਰਹਿੰਦੀ ਹੈ। ੧।

ਹੇ ਭਾਈ ! (ਮਨੁੱਖ ਦਾ ਇਹ ਸਰੀਰ) ਇਕ ਅਜਿਹਾ ਘਰ ਹੈ ਜਿਸ ਦੇ ਦਸ ਦਰ-ਵਾਜ਼ੇ ਹਨ, (ਇਹਨਾਂ ਦਰਵਾਜ਼ਿਆਂ ਦੀ ਰਾਹੀਂ) ਦਿਨ ਰਾਤ (ਕਾਮ ਕ੍ਰੋਧ ਲੋਭ ਮੋਹ ਅਹੰ-ਕਾਰ) ਪੰਜ ਚੋਰ ਸੰਨ੍ਹ ਲਾਈ ਰੱਖਦੇ ਹਨ, (ਇਸ ਦੇ ਅੰਦਰੋਂ) ਆਤਮਕ ਜੀਵਨ ਵਾਲਾ ਸਾਰ ਧਨ ਚੁਰਾ ਕੇ ਲੈ ਜਾਂਦੇ ਹਨ। (ਆਤਮਕ ਜੀਵਨ ਵਲੋਂ) ਅੰਨ੍ਹੇ ਹੋ ਚੁਕੇ ਮਨ-ਦੇ ਮੁਰੀਦ ਮਨੁੱਖ ਨੂੰ (ਆਪਣੇ ਲੁੱਟੇ ਜਾਣ ਦਾ) ਪਤਾ ਹੀ ਨਹੀਂ ਲੱਗਦਾ। ੨।

ਕੰਚਨ ਕੋਟੁ ਬਹੁ ਮਾਣਕਿ ਭਰਿਆ ਜਾਗੇ ਗਿਆਨ ਤਤਿ ਲਿਵ

ਲਈਆ ॥ ਤਸਕਰ ਹੇਰੂ ਆਇ ਲੁਕਾਨੇ ਗੁਰ ਕੈ ਸਬਦਿ ਪਕੜਿ ਬੰਧਿ ਪਈਆ ॥ ੩ ॥ ਹਰਿ ਹਰਿ ਨਾਮੁ ਪੋਤੁ ਬੋਹਿਥਾ ਖੇਵਟੁ ਸਬਦੁ ਗੁਰੁ ਪਾਰਿ ਲੰਘਈਆ ॥ ਜਮੁ ਜਾਗਾਤੀ ਨੇੜਿ ਨ ਆਵੈ ਨਾ ਕੋ ਤਸਕਰੁ ਚੋਰੁ ਲਗ-ਈਆ ॥ ੪ ॥ [੮੩੩]

ਪਦ ਅਰਥ :—ਕੰਚਨ ਕੋਟੁ—ਸੋਨੇ ਦਾ ਕਿਲ੍ਹਾ। ਮਾਣਕਿ—ਮਾਣਕੀਂ, ਮਾਣਕਾਂ ਨਾਲ, ਉੱਚੇ ਆਤਮਕ ਗੁਣਾਂ ਨਾਲ। ਜਾਗੇ—ਜਿਹੜੇ ਮਨੁੱਖ ਜਾਗਦੇ ਰਹੇ, ਸੁਚੇਤ ਰਹੇ। ਤਤਿ—ਤੱਤ ਵਿਚ। ਗਿਆਨ ਤਤਿ—ਆਤਮਕ ਜੀਵਨ ਦੇ ਤੱਤ ਵਿਚ। ਲਿਵ ਲਈਆ—ਸੁਰਤਿ ਜੋੜ ਕੇ। ਤਸਕਰ—ਚੋਰ। ਹੇਰੂ—ਡਾਕੂ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਪਕੜਿ—ਫੜ ਕੇ। ਬੰਨਿ ਪਈਆ—ਬੰਨ੍ਹ ਲਏ। ੩।

ਪੋਤੁ—ਜਹਾਜ਼। ਬੋਹਿਥਾ—ਜਹਾਜ਼। ਖੇਵਟੁ—ਮਲਾਹ। ਜਾਗਾਤੀ—ਮਸੂਲੀਆ। ਕੋ ਤਸਕਰੁ—ਕੋਈ ਚੋਰ। ਲਗਈਆ—ਸੰਨ੍ਹ ਲਾਂਦਾ। ੪।

ਅਰਥ :—ਹੇ ਭਾਈ! (ਇਹ ਮਨੁੱਖਾ ਸਰੀਰ, ਮਾਨੋ,) ਸੋਨੇ ਦਾ ਕਿਲ੍ਹਾ (ਉੱਚੇ ਆਤਮਕ ਗੁਣਾਂ ਦੇ) ਮੋਤੀਆਂ ਨਾਲ ਭਰਿਆ ਹੋਇਆ ਹੈ, (ਇਹਨਾਂ ਹੀਰਿਆਂ ਨੂੰ ਚੁਰਾਣ ਲਈ ਲੁੱਟਣ ਲਈ ਕਾਮਾਦਿਕ) ਚੋਰ ਡਾਕੂ ਆ ਕੇ (ਇਸ ਵਿਚ) ਲੁਕੇ ਰਹਿੰਦੇ ਹਨ। ਜਿਹੜੇ ਮਨੁੱਖ ਆਤਮਕ ਜੀਵਨ ਦੇ ਸੋਮੇ ਪ੍ਰਭੂ ਵਿਚ ਸੁਰਤਿ ਜੋੜ ਕੇ ਸੁਚੇਤ ਰਹਿੰਦੇ ਹਨ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਇਹਨਾਂ ਚੋਰਾਂ ਡਾਕੂਆਂ ਨੂੰ) ਫੜ ਕੇ ਬੰਨ੍ਹ ਲੈਂਦੇ ਹਨ। ੩।

ਹੇ ਭਾਈ! ਪਰਮਾਤਮਾ ਦਾ ਨਾਮ ਜਹਾਜ਼ ਹੈ ਜਹਾਜ਼, (ਉਸ ਜਹਾਜ਼ ਦਾ) ਮਲਾਹ (ਗੁਰੂ ਦਾ) ਸ਼ਬਦ ਹੈ, (ਜਿਹੜਾ ਮਨੁੱਖ ਇਸ ਜਹਾਜ਼ ਦਾ ਆਸਰਾ ਲੈਂਦਾ ਹੈ, ਉਸ ਨੂੰ) ਗੁਰੂ (ਵਿਕਾਰਾਂ-ਭਰੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈਂਦਾ ਹੈ। ਜਮਰਾਜ-ਮਸੂਲੀਆ (ਭੀ ਉਸ ਦੇ) ਨੇੜੇ ਨਹੀਂ ਆਉਂਦਾ, (ਕਾਮਾਦਿਕ) ਕੋਈ ਚੋਰ ਭੀ ਸੰਨ੍ਹ ਨਹੀਂ ਲਾ ਸਕਦਾ। ੪।

ਹਰਿ ਗੁਣ ਗਾਵੈ ਸਦਾ ਦਿਨੁ ਰਾਤੀ ਮੈ ਹਰਿ ਜਸੁ ਕਹਤੇ ਅੰਤੁ ਨ ਲਹੀਆ ॥ ਗੁਰਮੁਖਿ ਮਨੂਆ ਇਕਤੁ ਘਰਿ ਆਵੈ ਮਿਲਉ ਗੁੋਪਾਲ ਨੀਸਾਨੁ ਬਜਈਆ ॥ ੫ ॥ ਨੈਨੀ ਦੇਖਿ ਦਰਸੁ ਮਨੁ ਤ੍ਰਿਪਤੈ ਸ੍ਰਵਨ ਬਾਣੀ ਗੁਰ ਸਬਦੁ ਸੁਣਈਆ ॥ ਸੁਨਿ ਸੁਨਿ ਆਤਮਦੇਵ ਹੈ ਭੀਨੇ ਰਸਿ ਰਸਿ ਰਾਮ ਗੋੁਪਾਲ ਰਵਈਆ ॥ ੬ ॥ [੮੩੩]

ਪਦ ਅਰਥ :—ਗਾਵੈ—ਗਾ ਰਿਹਾ ਹੈ। ਜਸੁ—ਸਿਫ਼ਤਿ ਸਾਲਾਹ! ਕਹਤੇ—ਕਹਿ-

ਦਿਆਂ। ਅੰਤੁ–ਸਿਫ਼ਤਾਂ ਦਾ ਹੱਦ-ਬੰਨਾ। ਗੁਰਮੁਖਿ–ਗੁਰੂ ਦੀ ਸਰਨ ਪੈ ਕੇ। ਇਕਤੁ–ਇੱਕ ਵਿਚ ਹੀ। ਘਰਿ–ਘਰ ਵਿਚ। ਇਕਤੁ ਘਰਿ–ਇੱਕ ਘਰ ਵਿਚ ਹੀ, ਪ੍ਰਭੂ ਦੇ ਚਰਨਾਂ ਵਿਚ ਹੀ। ਆਵੈ–ਆ ਜਾਂਦਾ ਹੈ। ਮਿਲਉ–ਮਿਲਉਂ, ਮੈਂ ਮਿਲ ਰਿਹਾ ਹਾਂ। ਗੁੋਪਾਲ–[ਅੱਖਰ 'ਗ' ਦੇ ਨਾਲ ਦੋ ਲਗਾਂ ਹਨ ੋ ਅਤੇ ੁ। ਅਸਲ ਲਫ਼ਜ਼ 'ਗੋਪਾਲ' ਹੈ, ਇਥੇ 'ਗੁਪਾਲ' ਪੜ੍ਹਨਾ ਹੈ]। ਨੀਸਾਨੁ ਬਜਈਆ–ਨੀਸਾਨੁ ਬਜਾਇ, ਢੋਲ ਵਜਾ ਕੇ, ਨਿਸੰਗ ਹੋ ਕੇ, ਝਾਕਾ ਲਾਹ ਕੇ। ੫।

ਨੈਨੀ–ਨੈਨੀਂ, ਅੱਖਾਂ ਨਾਲ। ਦੇਖਿ–ਵੇਖ ਕੇ। ਤ੍ਰਿਪਤੈ–(ਹੋਰ ਵਾਸਨਾਂ ਵਲੋਂ) ਰੱਜਿਆ ਰਹਿੰਦਾ ਹੈ। ਸ੍ਰਵਨ–ਕੰਨ। ਸੁਨਿ–ਸੁਣ ਕੇ। ਆਤਮਦੇਵ–ਆਤਮਾ, ਜਿੰਦ। ਹੈ ਭੀਨੇ–ਭਿੱਜਿਆ ਰਹਿੰਦਾ ਹੈ। ਰਸਿ–ਰਸ ਨਾਲ, ਸੁਆਦ ਨਾਲ। ਰਸਿ ਰਸਿ–ਬੜੇ ਸੁਆਦ ਨਾਲ। ਰਵਈਆ–ਸਿਮਰਦਾ ਹੈ। ੬।

ਅਰਥ :–ਹੇ ਭਾਈ! (ਮੇਰਾ ਮਨ ਹੁਣ) ਸਦਾ ਦਿਨ ਰਾਤ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਮੈਂ ਪ੍ਰਭੂ ਦੀ ਸਿਫ਼ਤਿ ਸਾਲਾਹ ਕਰਦਿਆਂ ਕਰਦਿਆਂ (ਸਿਫ਼ਤਿ ਦਾ) ਅੰਤ ਨਹੀਂ ਲੱਭ ਸਕਦਾ। ਗੁਰੂ ਦੀ ਸਰਨ ਪੈ ਕੇ (ਮੇਰਾ ਇਹ) ਮਨ ਪ੍ਰਭੂ-ਚਰਨਾਂ ਵਿਚ ਹੀ ਟਿਕਿਆ ਰਹਿੰਦਾ ਹੈ, ਮੈਂ ਲੋਕ-ਲਾਜ ਦੂਰ ਕਰ ਕੇ ਜਗਤ-ਪਾਲਕ ਪ੍ਰਭੂ ਨੂੰ ਮਿਲਿਆ ਰਹਿੰਦਾ ਹਾਂ। ੫।

ਹੇ ਭਾਈ! ਅੱਖਾਂ ਨਾਲ (ਹਰ ਥਾਂ ਪ੍ਰਭੂ ਦਾ) ਦਰਸ਼ਨ ਕਰ ਕੇ (ਮੇਰਾ) ਮਨ (ਹੋਰ ਵਾਸਨਾਂ ਵਲੋਂ) ਰੱਜਿਆ ਰਹਿੰਦਾ ਹੈ, (ਮੇਰੇ) ਕੰਨ ਗੁਰੂ ਦੀ ਬਾਣੀ ਗੁਰੂ ਦੇ ਸ਼ਬਦ ਨੂੰ (ਹੀ) ਸੁਣਦੇ ਰਹਿੰਦੇ ਹਨ। (ਪ੍ਰਭੂ ਦੀ ਸਿਫ਼ਤਿ ਸਾਲਾਹ) ਸੁਣ ਸੁਣ ਕੇ (ਮੇਰੀ) ਜਿੰਦ (ਨਾਮ-ਰਸ ਵਿਚ) ਭਿੱਜੀ ਰਹਿੰਦੀ ਹੈ, (ਮੈਂ) ਬੜੇ ਆਨੰਦ ਨਾਲ ਰਾਮ-ਗੋਪਾਲ ਦੇ ਗੁਣ ਗਾਂਦਾ ਰਹਿੰਦਾ ਹਾਂ। ੬।

ਤ੍ਰੈਗੁਣ ਮਾਇਆ ਮੋਹਿ ਵਿਆਪੇ ਤੁਰੀਆ ਗੁਣੁ ਹੈ ਗੁਰਮੁਖਿ ਲਹੀਆ ॥ ਏਕ ਦ੍ਰਿਸਟਿ ਸਭ ਸਮ ਕਰਿ ਜਾਣੈ ਨਦਰੀ ਆਵੈ ਸਭੁ ਬ੍ਰਹਮੁ ਪਸਰਈਆ ॥੭॥ ਰਾਮ ਨਾਮੁ ਹੈ ਜੋਤਿ ਸਬਾਈ ਗੁਰਮੁਖਿ ਆਪੇ ਅਲਖੁ ਲਖਈਆ ॥ ਨਾਨਕ ਦੀਨ ਦਇਆਲ ਭਏ ਹੈ ਭਗਤਿ ਭਾਇ ਹਰਿ ਨਾਮਿ ਸਮਈਆ ॥੮॥੧॥ [ਪੰਨਾ ੮੩੩]

ਪਦ ਅਰਥ :–ਤ੍ਰੈਗੁਣ–(ਰਜੋ, ਸਤੋ, ਤਮੋ–ਮਾਇਆ ਦੇ ਇਹ) ਤਿੰਨ ਗੁਣ, ਇਹਨਾਂ ਤਿੰਨਾਂ ਗੁਣਾਂ ਦੇ ਅਸਰ ਹੇਠ ਰਹਿਣ ਵਾਲੇ ਜੀਵ। ਮੋਹਿ–ਮੋਹ ਵਿਚ। ਵਿਆਪੇ–ਫਸੇ ਹੋਏ। ਤੁਰੀਆ ਗੁਣ–ਉਹ ਆਤਮਕ ਅਵਸਥਾ ਜਿਥੇ ਮਾਇਆ ਦੇ ਤਿੰਨ

ਗੁਣਾਂ ਦਾ ਪ੍ਰਭਾਵ ਨਹੀਂ ਪੈਂਦਾ, ਚੌਥਾ ਪਦ। ਗੁਰਮੁਖਿ–ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਸਭ–ਸਾਰੀ ਲੁਕਾਈ। ਸਮ–ਬਰਾਬਰ, ਇਕੋ ਜਿਹਾ। ਜਾਣੈ–ਜਾਣਦਾ ਹੈ। ਨਦਰੀ ਆਵੈ–ਦਿੱਸਦਾ ਹੈ। ਸਭੁ–ਹਰ ਥਾਂ। ਪਸਰਈਆ–ਪਸਰਿਆ ਹੋਇਆ। ੧।

ਸਬਾਈ–ਸਾਰੀ ਸ੍ਰਿਸ਼ਟੀ।ਗੁਰਮੁਖਿ ਲਖਈਆ–ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਸਮਝ ਲੈਂਦਾ ਹੈ। ਆਪੇ–ਆਪ ਹੀ। ਅਲਖੁ–ਉਹ ਪਰਮਾਤਮਾ ਜਿਸ ਦਾ ਸਹੀ ਸਰੂਪ ਸਮਝਿਆ ਨਹੀਂ ਜਾ ਸਕਦਾ। ਭਗਤਿ ਭਾਇ–ਭਗਤੀ ਦੇ ਭਾਵ ਨਾਲ। [ਭਾਉ–ਪ੍ਰੇਮ। ਭਾਇ–ਪ੍ਰੇਮ ਦੀ ਰਾਹੀਂ]। ਨਾਮਿ–ਨਾਮ ਵਿਚ। ੮।

ਅਰਥ :–ਹੇ ਭਾਈ! ਮਾਇਆ ਦੇ ਤਿੰਨ ਗੁਣਾਂ ਦੇ ਅਸਰ ਹੇਠ ਰਹਿਣ ਵਾਲੇ ਜੀਵ (ਸਦਾ) ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ। ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਉਹ) ਚੌਥਾ ਪਦ ਪ੍ਰਾਪਤ ਕਰ ਲੈਂਦਾ ਹੈ (ਜਿਥੇ ਮਾਇਆ ਦਾ ਪ੍ਰਭਾਵ ਨਹੀਂ ਪੈ ਸਕਦਾ)। (ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਇਕ (ਪਿਆਰ-) ਨਿਗਾਹ ਨਾਲ ਸਾਰੀ ਲੁਕਾਈ ਨੂੰ ਇਕੋ ਜਿਹੀ ਜਾਣਦਾ ਹੈ, ਉਸ ਨੂੰ (ਇਹ ਪ੍ਰਤੱਖ) ਦਿੱਸ ਪੈਂਦਾ ਹੈ (ਕਿ) ਹਰ ਥਾਂ ਪਰਮਾਤਮਾ ਹੀ ਪਸਰਿਆ ਹੋਇਆ ਹੈ। ੧।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਇਹ) ਸਮਝ ਲੈਂਦਾ ਹੈ ਕਿ ਅਲੱਖ ਪ੍ਰਭੂ ਆਪ ਹੀ ਆਪ (ਹਰ ਥਾਂ ਮੌਜੂਦ) ਹੈ, ਹਰ ਥਾਂ ਪਰਮਾਤਮਾ ਦਾ ਹੀ ਨਾਮ ਹੈ, ਸਾਰੀ ਲੁਕਾਈ ਵਿਚ ਪਰਮਾਤਮਾ ਦੀ ਹੀ ਜੋਤਿ ਹੈ। ਹੇ ਨਾਨਕ! ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ਜੀ ਜਿਨ੍ਹਾਂ ਉਤੇ ਦਇਆਵਾਨ ਹੁੰਦੇ ਹਨ, ਉਹ ਮਨੁੱਖ ਭਗਤੀ-ਭਾਵਨਾ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦੇ ਹਨ। ੮। ੧।

ਬਿਲਾਵਲੁ ਮਹਲਾ ੪॥ ਹਰਿ ਹਰਿ ਨਾਮੁ ਸੀਤਲ ਜਲੁ ਧਿਆਵਹੁ ਹਰਿ ਚੰਦਨ ਵਾਸੁ ਸੁਗੰਧ ਗੰਧਈਆ ॥ ਮਿਲਿ ਸਤ ਸੰਗਤਿ ਪਰਮ ਪਦੁ ਪਾਇਆ ਮੈ ਹਿਰਡ ਪਲਾਸ ਸੰਗਿ ਹਰਿ ਬੁਹੀਆ ॥ ੧ ॥ ਜਪਿ ਜਗੰਨਾਥ ਜਗਦੀਸ ਗੁਸਈਆ ॥ ਸਰਣਿ ਪਰੇ ਸੇਈ ਜਨ ਉਬਰੇ ਜਿਉ ਪ੍ਰਹਿਲਾਦ ਉਧਾਰਿ ਸਮਈਆ ॥ ੧ ॥ ਰਹਾਉ ॥ ਭਾਰ ਅਠਾਰਹ ਮਹਿ ਚੰਦਨੁ ਊਤਮ ਚੰਦਨ ਨਿਕਟਿ ਸਭ ਚੰਦਨੁ ਹੁਈਆ ॥ ਸਾਕਤ ਕੂੜੇ ਊਭਸੁਕ ਹੂਏ ਮਨਿ ਅਭਿਮਾਨੁ ਵਿਛੁੜਿ ਦੂਰਿ ਗਈਆ ॥ ੨ ॥ [੮੩੩]

ਪਦ ਅਰਥ :–ਸੀਤਲ–ਠੰਢ ਪਾਣ ਵਾਲਾ। ਧਿਆਵਹੁ–ਸਿਮਰਿਆ ਕਰੋ। ਵਾਸੁ–ਸੁਗੰਧੀ। ਗੰਧਈਆ–ਸੁਗੰਧਿਤ ਕਰਦੀ ਹੈ। ਮਿਲਿ–ਮਿਲ ਕੇ। ਪਰਮ ਪਦੁ–ਸਭ ਤੋਂ ਉੱਚਾ ਆਤਮਕ ਦਰਜਾ। ਹਿਰਡ–ਅਰਿੰਡ। ਪਲਾਸ–ਪਲਾਹ ਛਿਛਰਾ। ਸੰਗਿ

—(ਚੰਦਨ ਦੇ) ਨਾਲ। ਬੁਹੀਆ—ਸੁਗੰਧਿਤ ਹੋ ਜਾਂਦਾ ਹੈ। ੧।

ਜਪਿ—ਜਪਿਆ ਕਰ।ਜਗੰਨਾਥ—ਜਗਤ ਦਾ ਨਾਥ।ਜਗਦੀਸ—ਜਗਤ ਦਾ ਈਸ਼੍ਵਰ। ਗੁਸਈਆ—ਧਰਤੀ ਦਾ ਖਸਮ। ਉਬਰੇ—ਵਿਕਾਰਾਂ ਤੋਂ ਬਚ ਗਏ। ਉਧਾਰਿ—ਪਾਰ-ਉਤਾਰਾ ਕਰ ਕੇ। ੧। ਰਹਾਉ।

ਭਾਰ ਅਠਾਰਹ—ਸਾਰੀ ਬਨਾਸਪਤੀ। [ਪੁਰਾਣਾ ਖ਼ਿਆਲ ਤੁਰਿਆ ਆ ਰਿਹਾ ਹੈ ਕਿ ਹਰੇਕ ਬੂਟੇ ਦਾ ਇਕ ਇਕ ਪੱਤਰ ਲੈ ਕੇ ਤੋਲਿਆਂ ੧੮ ਭਾਰ ਤੋਲ ਬਣਦਾ ਹੈ। ਇਕ ਭਾਰ ਪੰਜ ਮਣ ਕੱਚੇ ਦਾ]। ਨਿਕਟਿ—ਨੇੜੇ। ਸਾਕਤ—ਪਰਮਾਤਮਾ ਤੋਂ ਟੁੱਟੇ ਹੋਏ ਮਨੁੱਖ। ਊਭ ਸੁਕ—(ਧਰਤੀ ਉਤੇ) ਖਲੋਤੇ ਹੋਏ ਹੀ ਸੁੱਕ ਚੁਕੇ ਰੁੱਖ। ਮਨਿ—ਮਨ ਵਿਚ। ਵਿਛੁੜਿ—ਵਿਛੁੜ ਕੇ। ੨।

ਅਰਥ :—ਹੇ ਭਾਈ ! ਜਗਤ ਦੇ ਨਾਥ, ਜਗਤ ਦੇ ਈਸ਼੍ਵਰ, ਧਰਤੀ ਦੇ ਖਸਮ ਪ੍ਰਭੂ ਦਾ ਨਾਮ ਜਪਿਆ ਕਰ। ਜਿਹੜੇ ਮਨੁੱਖ ਪ੍ਰਭੂ ਦੀ ਸਰਨ ਆ ਪੈਂਦੇ ਹਨ, ਉਹ ਮਨੁੱਖ (ਸੰਸਾਰ-ਸਮੁੰਦਰ ਵਿਚੋਂ) ਬਚ ਨਿਕਲਦੇ ਹਨ, ਜਿਵੇਂ ਪ੍ਰਹਿਲਾਦ (ਆਦਿਕ ਭਗਤਾਂ) ਨੂੰ (ਪਰਮਾਤਮਾ ਨੇ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਕੇ (ਆਪਣੇ ਚਰਨਾਂ ਵਿਚ)ਲੀਨ ਕਰ ਲਿਆ। ੧। ਰਹਾਉ।

ਹੇ ਭਾਈ !ਪ੍ਰਭੂ ਦਾ ਨਾਮ ਸਿਮਰਿਆ ਕਰੋ,ਇਹ ਨਾਮ ਠੰਢ ਪਾਣ ਵਾਲਾ ਜਲ ਹੈ, ਇਹ ਨਾਮ ਚੰਦਨ ਦੀ ਸੁਗੰਧੀ ਹੈ ਜਿਹੜੀ (ਸਾਰੀ ਬਨਾਸਪਤੀ ਨੂੰ) ਸੁਗੰਧਿਤ ਕਰ ਦੇਂਦੀ ਹੈ। ਹੇ ਭਾਈ ! ਸਾਧ ਸੰਗਤਿ ਵਿਚ ਮਿਲ ਕੇ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲਈਦਾ ਹੈ। ਜਿਵੇਂ ਅਰਿੰਡ ਤੇ ਪਲਾਹ (ਆਦਿਕ ਨਿਕੰਮੇ ਰੁੱਖ ਚੰਦਨ ਦੀ ਸੰਗਤਿ ਨਾਲ) ਸੁਗੰਧਿਤ ਹੋ ਜਾਂਦੇ ਹਨ, (ਤਿਵੇਂ) ਮੇਰੇ ਵਰਗੇ ਜੀਵ (ਹਰਿ ਨਾਮ ਦੀ ਬਰਕਤਿ ਨਾਲ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ)। ੧।

ਹੇ ਭਾਈ ! ਸਾਰੀ ਬਨਾਸਪਤੀ ਵਿਚ ਚੰਦਨ ਸਭ ਤੋਂ ਸ੍ਰੇਸ਼ਟ (ਰੁੱਖ) ਹੈ, ਚੰਦਨ ਦੇ ਨੇੜੇ (ਉੱਗਾ ਹੋਇਆ) ਹਰੇਕ ਬੂਟਾ ਚੰਦਨ ਬਣ ਜਾਂਦਾ ਹੈ। ਪਰ ਪਰਮਾਤਮਾ ਨਾਲੋਂ ਟੁੱਟੇ ਹੋਏ ਮਾਇਆ-ਵੇੜ੍ਹੇ ਪ੍ਰਾਣੀ (ਉਹਨਾਂ ਰੁੱਖਾਂ ਵਰਗੇ ਹਨ ਜੋ ਧਰਤੀ ਵਿਚੋਂ ਖ਼ੁਰਾਕ ਮਿਲ ਸਕਣ ਤੇ ਭੀ) ਖਲੋਤੇ ਹੀ ਸੁੱਕ ਜਾਂਦੇ ਹਨ, (ਉਹਨਾਂ ਦੇ) ਮਨ ਵਿਚ ਅਹੰਕਾਰ ਵੱਸਦਾ ਹੈ, (ਇਸ ਵਾਸਤੇ ਪਰਮਾਤਮਾ ਤੋਂ) ਵਿਛੁੜ ਕੇ ਉਹ ਕਿਤੇ ਦੂਰ ਪਏ ਰਹਿੰਦੇ ਹਨ। ੨।

ਹਰਿ ਗਤਿ ਮਿਤਿ ਕਰਤਾ ਆਪੇ ਜਾਣੈ ਸਭ ਬਿਧਿ ਹਰਿ ਹਰਿ ਆਪਿ ਬਨਈਆ॥ਜਿਸੁ ਸਤਿਗੁਰੁ ਭੇਟੇ ਸੁ ਕੰਚਨੁ ਹੋਵੈ ਜੋ ਧੁਰਿ ਲਿਖਿਆ ਸੁ ਮਿਟੈ

ਨ ਮਿਟਈਆ ॥ ੩ ॥ ਰਤਨ ਪਦਾਰਥ ਗੁਰਮਤਿ ਪਾਵੈ ਸਾਗਰ ਭਗਤਿ ਭੰਡਾਰ ਖੁਲ੍ਹਈਆ॥ਗੁਰ ਚਰਣੀ ਇਕ ਸਰਧਾ ਉਪਜੀ ਮੈ ਹਰਿ ਗੁਣ ਕਹਤੇ ਤ੍ਰਿਪਤਿ ਨ ਭਈਆ ॥ ੪ ॥ ਪਰਮ ਬੈਰਾਗੁ ਨਿਤ ਨਿਤ ਹਰਿ ਧਿਆਏ ਮੈ ਹਰਿ ਗੁਣ ਕਹਤੇ ਭਾਵਨੀ ਕਹੀਆ ॥ ਬਾਰ ਬਾਰ ਖਿਨੁ ਖਿਨੁ ਪਲੁ ਕਹੀਐ ਹਰਿ ਪਾਰੁ ਨ ਪਾਵੈ ਪਰੈ ਪਰਈਆ ॥ ੫ ॥ [੮੩੪]

ਪਦ ਅਰਥ :–ਗਤਿ–ਉੱਚੀ ਆਤਮਕ ਹਾਲਤ । ਮਿਤਿ–ਮਿਣਤੀ, ਮਰਯਾਦਾ, ਹੱਦ-ਬੰਨਾ । ਆਪੇ–ਆਪ ਹੀ । ਸਭ ਬਿਧਿ–ਸਾਰੀ ਮਰਯਾਦਾ । ਭੇਟੇ–ਮਿਲਦਾ ਹੈ । ਕੰਚਨੁ–ਸੋਨਾ । ਧੁਰਿ–ਧੁਰ ਦਰਗਾਹ ਚੋਂ । ੩ ।

ਗੁਰਮਤਿ–ਗੁਰੂ ਦੀ ਮਤਿ ਦੀ ਰਾਹੀਂ । ਪਾਵੈ–(ਮਨੁੱਖ) ਲੱਭ ਲੈਂਦਾ ਹੈ । ਸਾਗਰ –ਸਮੁੰਦਰ । ਇਕ ਸਰਧਾ–ਇਕ ਪਰਮਾਤਮਾ ਦਾ ਪਿਆਰ । ਕਹਤੇ–ਕਹਿੰਦਿਆਂ । ਤ੍ਰਿਪਤਿ–ਰਜੇਵਾਂ । ੪ ।

ਪਰਮ ਬੈਰਾਗੁ–ਸਭ ਤੋਂ ਉੱਚਾ ਵੈਰਾਗ, ਸਭ ਤੋਂ ਉੱਚੀ ਲਗਨ । ਭਾਵਨੀ–ਪਿਆਰ । ਬਾਰ ਬਾਰ–ਮੁੜ ਮੁੜ । ਕਹੀਐ–ਸਿਮਰਨਾ ਚਾਹੀਦਾ ਹੈ । ਪਾਰੁ–ਪਾਰਲਾ ਬੰਨਾ । ਪਰੈ ਪਰਈਆ–ਪਰੇ ਤੋਂ ਪਰੇ । ੫ ।

ਅਰਥ :–ਹੇ ਭਾਈ ! ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ–ਇਹ ਗੱਲ ਉਹ ਆਪ ਹੀ ਜਾਣਦਾ ਹੈ । (ਜਗਤ ਦੀ) ਸਾਰੀ ਮਰਯਾਦਾ ਉਸ ਨੇ ਆਪ ਹੀ ਬਣਾਈ ਹੋਈ ਹੈ (ਉਸ ਮਰਯਾਦਾ ਅਨੁਸਾਰ) ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਉਹ ਸੋਨਾ ਬਣ ਜਾਂਦਾ ਹੈ (ਸੁੱਚੇ ਜੀਵਨ ਵਾਲਾ ਬਣ ਜਾਂਦਾ ਹੈ) । ਹੇ ਭਾਈ ! ਧੁਰ ਦਰਗਾਹ ਤੋਂ (ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਜੀਵਾਂ ਦੇ ਮੱਥੇ ਉਤੇ ਜੋ ਲੇਖ) ਲਿਖਿਆ ਜਾਂਦਾ ਹੈ, ਉਹ ਲੇਖ (ਕਿਸੇ ਦੇ ਆਪਣੇ ਉੱਦਮ ਨਾਲ) ਮਿਟਾਇਆਂ ਮਿਟ ਨਹੀਂ ਸਕਦਾ (ਗੁਰੂ ਦੇ ਮਿਲਣ ਨਾਲ ਹੀ ਲੋਹੇ ਤੋਂ ਕੰਚਨ ਬਣਦਾ) ਹੈ । ੩ ।

ਹੇ ਭਾਈ ! (ਗੁਰੂ ਦੇ ਅੰਦਰ) ਭਗਤੀ ਦੇ ਸਮੁੰਦਰ (ਭਰੇ ਪਏ) ਹਨ, ਭਗਤੀ ਦੇ ਖ਼ਜ਼ਾਨੇ ਖੁਲ੍ਹੇ ਪਏ ਹਨ, ਗੁਰੂ ਦੀ ਮਤਿ ਉਤੇ ਤੁਰ ਕੇ ਹੀ ਮਨੁੱਖ(ਉੱਚੇ ਆਤਮਕ ਗੁਣ-) ਰਤਨ ਪ੍ਰਾਪਤ ਕਰ ਸਕਦਾ ਹੈ । (ਵੇਖੋ) ਗੁਰੂ ਦੀ ਚਰਨੀਂ ਲੱਗ ਕੇ (ਹੀ ਮੇਰੇ ਅੰਦਰ) ਇਕ ਪਰਮਾਤਮਾ ਵਾਸ੍ਤੇ ਪਿਆਰ ਪੈਦਾ ਹੋਇਆਹੈ(ਹੁਣ)ਪਰਮਾਤਮਾ ਦੇ ਗੁਨ ਗਾਂਦਿਆਂ ਮੇਰਾ ਮਨ ਰੱਜਦਾ ਨਹੀਂ ਹੈ ।.੪ ।

ਹੇ ਭਾਈ ! ਜਿਹੜਾ ਮਨੁੱਖ ਸਦਾ ਹੀ ਪਰਮਾਤਮਾ ਦਾ ਧਿਆਨ ਧਰਦਾ ਰਹਿੰਦਾ ਹੈ, ਉਸਦੇ ਅੰਦਰ ਸਭ ਤੋਂ ਉੱਚੀ ਲਗਨ ਬਣ ਜਾਂਦੀ ਹੈ। ਪ੍ਰਭੂ ਦੇ ਗੁਣ ਗਾਂਦਿਆਂ ਗਾਂਦਿਆਂ

ਜਿਹੜਾ ਪਿਆਰ ਮੇਰੇ ਅੰਦਰ ਬਣਿਆ ਹੈ,ਮੈਂ (ਤੁਹਾਨੂੰ ਉਸ ਦਾ ਹਾਲ) ਦੱਸਿਆ ਹੈ। ਸੋ, ਹੇ ਭਾਈ ! ਮੁੜ ਮੁੜ, ਹਰੇਕ ਖਿਨ, ਹਰੇਕ ਪਲ, ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ (ਪਰ, ਇਹ ਚੇਤੇ ਰੱਖੋ) ਪਰਮਾਤਮਾ ਪਰੇ ਤੋਂ ਪਰੇ ਹੈ, ਕੋਈ ਜੀਵ ਉਸ (ਦੀ ਹਸਤੀ) ਦਾ ਪਾਰਲਾ ਬੰਨ੍ਹਾ ਲੱਭ ਨਹੀਂ ਸਕਦਾ।੫।

ਸਾਸਤ ਬੇਦ ਪੁਰਾਣ ਪੁਕਾਰਹਿ ਧਰਮੁ ਕਰਹੁ ਖਟੁ ਕਰਮ ਦ੍ਰਿੜਈਆ॥
ਮਨਮੁਖ ਪਾਖੰਡਿ ਭਰਮਿ ਵਿਗੁਤੇ ਲੋਭ ਲਹਰਿ ਨਾਵ ਭਾਰਿ ਬੁਡਈਆ ॥
੬ ॥ ਨਾਮੁ ਜਪਹੁ ਨਾਮੇ ਗਤਿ ਪਾਵਹੁ ਸਿਮ੍ਰਿਤਿ ਸਾਸਤ੍ਰ ਨਾਮੁ ਦ੍ਰਿੜਈਆ॥
ਹਉਮੈ ਜਾਇ ਤ ਨਿਰਮਲੁ ਹੋਵੈ ਗੁਰਮੁਖਿ ਪਰਚੈ ਪਰਮ ਪਦੁ ਪਈਆ ॥੭॥
ਇਹੁ ਜਗੁ ਵਰਨੁ ਰੂਪੁ ਸਭੁ ਤੇਰਾ ਜਿਤੁ ਲਾਵਹਿ ਸੇ ਕਰਮ ਕਮਈਆ ॥
ਨਾਨਕ ਜੰਤ ਵਜਾਏ ਵਾਜਹਿ ਜਿਤੁ ਭਾਵੈ ਤਿਤੁ ਰਾਹਿ ਚਲਈਆ ॥੮॥੨॥

[ਪੰਨਾ ੮੩੪]

ਪਦ ਅਰਥ :—ਪੁਕਾਰਹਿ—ਪੁਕਾਰਦੇ ਹਨ, (ਇਸੇ ਗੱਲ ਉੱਤੇ) ਜ਼ੋਰ ਦੇਂਦੇ ਹਨ। ਧਰਮੁ—(ਖਟ-ਕਰਮੀ) ਧਰਮ। ਖਟ ਕਰਮ—ਛੇ ਧਾਰਮਿਕ ਕਰਮ (ਵਿੱਦਿਆ ਪੜ੍ਹਨੀ ਤੇ ਪੜ੍ਹਾਣੀ, ਜੱਗ ਕਰਨੇ ਤੇ ਕਰਾਣੇ, ਦਾਨ ਦੇਣਾ ਤੇ ਲੈਣਾ)। ਦ੍ਰਿੜਈਆ—ਪਕਿਆਈ ਕਰਦੇ ਹਨ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਪਾਖੰਡਿ—ਪਖੰਡ ਵਿਚ। ਭਰਮਿ—ਭਟਕਣਾ ਵਿਚ। ਵਿਗੂਤੇ—ਖ਼ੁਆਰ ਹੁੰਦੇ ਹਨ। ਨਾਵ—(ਜ਼ਿੰਦਗੀ ਦੀ) ਬੇੜੀ। ਭਾਰਿ—ਭਾਰ ਨਾਲ। ੬।

ਨਾਮੇ—ਨਾਮ ਦੀ ਰਾਹੀਂ ਹੀ। ਗਤਿ—ਉੱਚੀ ਆਤਮਕ ਅਵਸਥਾ। ਦ੍ਰਿੜਈਆ—ਹਿਰਦੇ ਵਿਚ ਪੱਕਾ ਕਰੋ। ਜਾਇ—ਦੂਰ ਹੁੰਦੀ ਹੈ। ਤ—ਤਦੋਂ। ਨਿਰਮਲੁ—ਪਵਿੱਤਰ ਜੀਵਨ ਵਾਲਾ। ਗੁਰਮੁਖਿ—ਗੁਰੂ ਦੀ ਰਾਹੀਂ। ਪਰਚੈ—(ਨਾਮ ਵਿਚ)ਪਰਚਦਾ ਹੈ। ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ। ੭।

ਵਰਨੁ—ਰੰਗ। ਜਿਤੁ—ਜਿਸ (ਕੰਮ) ਵਿਚ। ਲਾਵਹਿ—ਤੂੰ ਲਾਂਦਾ ਹੈਂ। ਸੇ—ਉਹ [ਬਹੁ ਵਚਨ]। ਜੰਤ—ਜੀਵ [ਬਹੁ ਵਚਨ]। ਵਾਜਹਿ—ਵੱਜਦੇ ਹਨ। ਜਿਤੁ—ਜਿਸ (ਰਾਹ) ਵਿਚ। ਭਾਵੈ—ਤੈਨੂੰ ਚੰਗਾ ਲੱਗਦਾ ਹੈ। ਤਿਤੁ ਰਾਹਿ—ਉਸੇ ਰਾਹ ਤੇ। ੮।

ਅਰਥ :—ਹੇ ਭਾਈ ! ਵੇਦ ਸ਼ਾਸਤ੍ਰ ਪੁਰਾਣ (ਆਦਿਕ ਧਰਮ ਪੁਸਤਕ ਇਸੇ ਗੱਲ ਉੱਤੇ) ਜ਼ੋਰ ਦੇਂਦੇ ਹਨ (ਕਿ ਖਟ-ਕਰਮੀ) ਧਰਮ ਕਮਾਇਆ ਕਰੋ, ਉਹ ਇਹਨਾਂ ਛੇ ਧਾਰਮਿਕ ਕਰਮਾਂ ਬਾਰੇ ਹੀ ਪਕਿਆਈ ਕਰਦੇ ਹਨ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਇਸੇ) ਪਾਖੰਡ ਵਿਚ ਭਟਕਣਾ ਵਿਚ (ਪੈ ਕੇ) ਖ਼ੁਆਰ ਹੁੰਦੇ ਹਨ, (ਉਹਨਾਂ ਦੀ ਜ਼ਿੰਦਗੀ ਦੀ) ਬੇੜੀ (ਆਪਣੇ ਹੀ ਪਾਖੰਡ ਦੇ) ਭਾਰ ਨਾਲ ਲੋਭ ਦੀ ਲਹਿਰ ਵਿਚ ਡੁੱਬ

ਜਾਂਦੀ ਹੈ। ੬।

ਹੇ ਭਾਈ! ਪਰਮਾਤਮਾ ਦਾ ਨਾਮ ਜਪਿਆ ਕਰੋ, ਨਾਮ ਵਿਚ ਜੁੜ ਕੇ ਹੀ ਉੱਚੀ ਆਤਮਕ ਅਵਸਥਾ ਪ੍ਰਾਪਤ ਕਰੋਗੇ। (ਆਪਣੇ ਹਿਰਦੇ ਵਿਚ ਪਰਮਾਤਮਾ ਦਾ) ਨਾਮ ਪੱਕਾ ਟਿਕਾਈ ਰੱਖੋ, (ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਵਾਸਤੇ ਇਹ ਹਰਿ-ਨਾਮ ਹੀ) ਸਿਮ੍ਰਿਤੀਆਂ ਸ਼ਾਸਤ੍ਰਾਂ ਦਾ ਉਪਦੇਸ਼ ਹੈ। (ਹਰਿ-ਨਾਮ ਦੀ ਰਾਹੀਂ ਜਦੋਂ ਮਨੁੱਖ ਦੇ ਅੰਦਰੋਂ) ਹਉਮੈ ਦੂਰ ਹੋ ਜਾਂਦੀ ਹੈ, ਤਦੋਂ ਮਨੁੱਖ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ। ਗੁਰੂ ਦੀ ਸਰਨ ਪੈ ਕੇ ਜਦੋਂ ਮਨੁੱਖ (ਪਰਮਾਤਮਾ ਦੇ ਨਾਮ ਵਿਚ) ਪਤੀਜਦਾ ਹੈ, ਤਦੋਂ ਸਭ ਤੋਂ ਉੱਚਾ ਆਤਮਕ ਦਰਜਾ ਹਾਸਿਲ ਕਰ ਲੈਂਦਾ ਹੈ। ੭।

ਹੇ ਨਾਨਕ! (ਆਖ—ਹੇ ਪ੍ਰਭੂ!) ਇਹ ਸਾਰਾ ਜਗਤ ਤੇਰਾ ਹੀ ਰੂਪ ਹੈ ਤੇਰਾ ਹੀ ਰੰਗ ਹੈ। ਜਿਸ ਪਾਸੇ ਤੂੰ (ਜੀਵਾਂ ਨੂੰ) ਲਾਂਦਾ ਹੈਂ, ਉਹੀ ਕਰਮ ਜੀਵ ਕਰਦੇ ਹਨ। ਜੀਵ (ਤੇਰੇ ਵਾਜੇ ਹਨ) ਜਿਵੇਂ ਤੂੰ ਵਜਾਂਦਾ ਹੈਂ, ਤਿਵੇਂ ਵੱਜਦੇ ਹਨ। ਜਿਸ ਰਾਹ ਤੇ ਤੋਰਨਾ ਤੈਨੂੰ ਚੰਗਾ ਲੱਗਦਾ ਹੈ, ਉਸੇ ਰਾਹ ਤੇ ਜੀਵ ਤੁਰਦੇ ਹਨ। ੮। ੨।

ਬਿਲਾਵਲੁ ਮਹਲਾ ੪॥ ਗੁਰਮੁਖਿ ਅਗਮ ਅਗੋਚਰੁ ਧਿਆਇਆ ਹਉ ਬਲਿ ਬਲਿ ਸਤਿਗੁਰ ਸਤਿ ਪੁਰਖਈਆ॥ ਰਾਮਨਾਮੁ ਮੇਰੈ ਪ੍ਰਾਣਿ ਵਸਾਏ ਸਤਿਗੁਰ ਪਰਸਿ ਹਰਿ ਨਾਮਿ ਸਮਈਆ॥ ੧॥ ਜਨ ਕੀ ਟੇਕ ਹਰਿਨਾਮੁ ਟਿਕਈਆ॥ ਸਤਿਗੁਰ ਕੀ ਧਰ ਲਾਗਾ ਜਾਵਾ ਗੁਰ ਕਿਰਪਾ ਤੇ ਹਰਿ ਦਰੁ ਲਹੀਆ॥੧॥ਰਹਾਉ॥ ਇਹੁ ਸਰੀਰੁ ਕਰਮ ਕੀ ਧਰਤੀ ਗੁਰਮੁਖਿ ਮਥਿ ਮਥਿ ਤਤੁ ਕਢਈਆ॥ ਲਾਲੁ ਜਵੇਹਰ ਨਾਮੁ ਪ੍ਰਗਾਸਿਆ ਭਾਂਡੈ ਭਾਉ ਪਵੈ ਤਿਤੁ ਅਈਆ॥ ੨॥ [ਪੰਨਾ ੮੩੪]

ਪਦ ਅਰਥ :—ਗੁਰਮੁਖਿ—ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪੈ ਕੇ। ਅਗਮ—ਅਪਹੁੰਚ। **ਅਗੋਚਰੁ**-[ਅ-ਗੋ-ਚਰੁ। ਗੋ—ਗਿਆਨ-ਇੰਦ੍ਰੇ] ਜਿਸ ਤਕ ਗਿਆਨ ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਹਉ—ਹਉਂ, ਮੈਂ। ਬਲਿ ਬਲਿ—ਸਦਕੇ। ਮੇਰੈ ਪ੍ਰਾਣਿ—ਮੇਰੀ ਜਿੰਦ ਵਿਚ, ਮੇਰੇ ਹਰੇਕ ਸੁਆਸ ਵਿਚ। ਪਰਸਿ—ਛੁਹ ਕੇ। ਨਾਮਿ—ਨਾਮ ਵਿਚ। ੧।

ਟੇਕ—ਆਸਰਾ। ਟਿਕਈਆ—ਟਿਕਾ ਦਿੱਤੀ ਹੈ, ਬਣਾ ਦਿੱਤੀ ਹੈ। ਧਰ—ਆਸਰਾ। **ਜਾਵਾ**—ਜਾਵਾਂ, ਮੈਂ ਜਾਂਦਾ ਹਾਂ, ਮੈਂ (ਜੀਵਨ-ਪੰਧ ਤੇ) ਤੁਰਿਆ ਜਾ ਰਿਹਾ ਹਾਂ। ਧਰ **ਲਾਗਾ**—ਪੱਲਾ ਫੜੀ। ਤੇ—ਤੋਂ, ਦੀ ਰਾਹੀਂ। ਲਹੀਆ—ਲੱਭ ਲਿਆ ਹੈ। ੧। ਰਹਾਉ।

ਮਥਿ—ਰਿੜਕ ਕੇ, ਸੋਧ ਕੇ। ਤਤੁ—ਮੱਖਣ, ਉੱਚਾ ਆਤਮਕ ਜੀਵਨ। ਪ੍ਰਗਾ-

ਸਿਆ–ਪਰਕਾਸ਼ ਕਰ ਦਿੱਤਾ ਹੈ (ਗੁਰੂ ਨੇ), ਪਰਗਟ ਕਰ ਦਿੱਤਾ ਹੈ। ਭਾਂਡੈ ਤਿਤੁ–ਤਿਤੁ ਭਾਂਡੈ, ਉਸ (ਹਿਰਦਾ-) ਭਾਂਡੇ ਵਿਚ। ਭਉ–ਪਿਆਰ, ਪ੍ਰੇਮ। ਈਆ–ਆ ਪਿਆ ਹੈ।੨।

ਅਰਥ :–ਹੇ ਭਾਈ ! ਮੈਂ ਗੁਰੂ ਦਾ ਪੱਲਾ ਫੜ ਕੇ (ਜੀਵਨ-ਪੰਧ ਤੇ) ਤੁਰਿਆ ਜਾ ਰਿਹਾ ਹਾਂ,ਗੁਰੂ ਦੀ ਮਿਹਰ ਨਾਲ ਮੈਂ ਪਰਮਾਤਮਾ (ਦੇ ਮਹਲ) ਦਾ ਦਰਵਾਜ਼ਾ ਲੱਭ ਲਿਆ ਹੈ। (ਗੁਰੂ ਨੇ) ਪਰਮਾਤਮਾ ਦਾ ਨਾਮ (ਮੈਂ) ਦਾਸ (ਦੀ ਜ਼ਿੰਦਗੀ) ਦਾ ਸਹਾਰਾ ਬਣਾ ਦਿੱਤਾ ਹੈ।੧। ਰਹਾਉ।

ਹੇ ਭਾਈ ! ਮੈਂ ਗੁਰੂ ਮਹਾ ਪੁਰਖ ਤੋਂ ਸਦਕੇ ਜਾਂਦਾ ਹਾਂ,ਕੁਰਬਾਨ ਜਾਂਦਾ ਹਾਂ। ਗੁਰੂ ਦੀ ਸਰਨ ਪੈ ਕੇ ਮੈਂ ਉਸ ਅਪਹੁੰਚ ਪ੍ਰਭੂ ਦਾ ਨਾਮ ਸਿਮਰ ਰਿਹਾ ਹਾਂ ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਗੁਰੂ ਨੇ ਪਰਮਾਤਮਾ ਦਾ ਨਾਮ ਮੇਰੇ ਹਰੇਕ ਸੁਆਸ ਵਿਚ ਵਸਾ ਦਿੱਤਾ ਹੈ। ਗੁਰੂ (ਦੇ ਚਰਨਾਂ) ਨੂੰ ਛੁਹ ਕੇ ਪਰਮਾਤਮਾ ਦੇ ਨਾਮ ਵਿਚ ਮੈਂ ਲੀਨ ਰਹਿੰਦਾ ਹਾਂ।੧।

ਹੇ ਭਾਈ ! ਇਹ (ਮਨੁੱਖਾ) ਸਰੀਰ (ਇਕ ਅਜਿਹੀ) ਧਰਤੀ ਹੈ ਜਿਸ ਵਿਚ (ਰੋਜ਼ਾਨਾ ਕੀਤੇ ਜਾ ਰਹੇ) ਕਰਮ (-ਬੀਜ) ਬੀਜੇ ਜਾ ਰਹੇ ਹਨ। (ਜਿਵੇਂ) ਦੁੱਧ ਨੂੰ ਰਿੜਕ ਰਿੜਕ ਕੇ ਮੱਖਣ ਕੱਢ ਲਈਦਾ ਹੈ (ਤਿਵੇਂ,) ਗੁਰੂ ਦੀ ਸਰਨ ਪੈ ਕੇ (ਇਹਨਾਂ ਰੋਜ਼ਾਨਾ ਕੀਤੇ ਜਾ ਰਹੇ ਕਰਮਾਂ ਨੂੰ ਸੋਧ ਸੋਧ ਕੇ ਉੱਚਾ ਆਤਮਕ ਜੀਵਨ ਪ੍ਰਾਪਤ ਕਰ ਲਈਦਾ ਹੈ)। (ਜਿਸ ਹਿਰਦੇ-ਰੂਪ ਭਾਂਡੇ ਵਿਚ ਗੁਰੂ ਪਰਮਾਤਮਾ ਦਾ) ਮਹਾਨ ਕੀਮਤੀ ਨਾਮ ਪਰਗਟ ਕਰ ਦੇਂਦਾ ਹੈ, ਉਸ (ਹਿਰਦਾ-) ਭਾਂਡੇ ਵਿਚ ਪ੍ਰੇਮ ਆ ਵੱਸਦਾ ਹੈ।੨।

ਦਾਸਨਿ ਦਾਸ ਦਾਸ ਹੋਇ ਰਹੀਐ ਜੋ ਜਨ ਰਾਮ ਭਗਤ ਨਿਜ ਭਈਆ ॥ ਮਨੁ ਬੁਧਿ ਅਰਪਿ ਧਰਉ ਗੁਰ ਆਗੈ ਗੁਰ ਪਰਸਾਦੀ ਮੈ ਅਕਥੁ ਕਥਈਆ ॥ ੩ ॥ ਮਨਮੁਖ ਮਾਇਆ ਮੋਹਿ ਵਿਆਪੇ ਇਹੁ ਮਨੁ ਤ੍ਰਿਸਨਾ ਜਲਤ ਤਿਖਈਆ ।। ਗੁਰਮਤਿ ਨਾਮੁ ਅੰਮ੍ਰਿਤ ਜਲੁ ਪਾਇਆ ਅਗਨਿ ਬੁਝੀ ਗੁਰ ਸਬਦਿ ਬੁਝਈਆ ।। ੪ ।। [ਪੰਨਾ ੯੨੪]

ਪਦ ਅਰਥ :–ਹੋਇ–ਹੋ ਕੇ,ਬਣ ਕੇ। ਰਹੀਐ–ਰਹਿਣਾ ਚਾਹੀਦਾ ਹੈ। ਜੋ ਜਨ–ਜਿਹੜੇ ਮਨੁੱਖ। ਨਿਜ–ਆਪਣੇ ਖ਼ਾਸ। ਅਰਪਿ–ਅਰਪਣ ਕਰ ਕੇ,ਭੇਟਾ ਕਰ ਕੇ।ਧਰਉ–ਧਰਉਂ, ਮੈਂ ਧਰਦਾ ਹਾਂ। ਪਰਸਾਦੀ–ਕਿਰਪਾ ਨਾਲ ਹੀ। ਅਕਥੁ–ਜਿਸ ਦਾ ਸਹੀ ਸਰੂਪ ਬਿਆਨ ਨਾਂਹ ਕੀਤਾ ਜਾ ਸਕੇ। ਕਥਈਆ–ਮੈਂ ਸਿਫਤਿ ਸਾਲਾਹ ਕਰ ਰਿਹਾ ਹਾਂ। ੩।

ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਮੋਹਿ—ਮੋਹ ਵਿਚ। ਵਿਆਪੇ—ਫਸੇ ਰਹਿੰਦੇ ਹਨ। ਤਿਖਈਆ—ਤ੍ਰਿਖਾ, ਤ੍ਰਿਸ਼ਨਾ। ਅੰਮ੍ਰਿਤ ਜਲੁ—ਆਤਮਕ ਜੀਵਨ ਦੇਣ ਵਾਲਾ ਜਲ। ਅਗਨਿ—ਤ੍ਰਿਸ਼ਨਾ ਦੀ) ਅੱਗ। ਗੁਰ ਸਬਦਿ—ਗੁਰੂ ਦੇ ਸ਼ਬਦ ਨੇ। ੪।

ਅਰਥ :—ਹੇ ਭਾਈ! ਜੇਹੜੇ ਮਨੁੱਖ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਖ਼ਾਸ ਭਗਤ ਬਣ ਜਾਂਦੇ ਹਨ, ਉਹਨਾਂ ਦੇ ਦਾਸਾਂ ਦੇ ਦਾਸਾਂ ਦੇ ਦਾਸ ਬਣ ਕੇ ਰਹਿਣਾ ਚਾਹੀਦਾ ਹੈ। ਮੈਂ (ਆਪਣੇ) ਗੁਰੂ ਦੇ ਅੱਗੇ (ਆਪਣਾ) ਮਨ ਭੇਟਾ ਕਰ ਦਿੱਤਾ ਹੈ, ਆਪਣੀ ਅਕਲ ਭੇਟਾ ਕਰ ਦਿੱਤੀ ਹੈ। ਗੁਰੂ ਦੀ ਕਿਰਪਾ ਨਾਲ ਹੀ ਮੈਂ ਉਸ ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਦਾ ਹਾਂ, ਜਿਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ੩।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ (ਸਦਾ) ਮਾਇਆ ਦੇ ਮੋਹ ਵਿਚ ਫਸੇ ਰਹਿੰਦੇ ਹਨ, (ਉਹਨਾਂ ਦਾ) ਇਹ ਮਨ (ਮਾਇਆ ਦੀ) ਤ੍ਰਿਸ਼ਨਾ (ਦੀ ਅੱਗ) ਵਿਚ ਸੜਦਾ ਰਹਿੰਦਾ ਹੈ। (ਜਿਸ ਮਨੁੱਖ ਨੇ) ਗੁਰੂ ਦੀ ਸਿੱਖਿਆ ਲੈ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਲੱਭ ਲਿਆ, (ਉਸ ਦੇ ਅੰਦਰੋਂ ਤ੍ਰਿਸ਼ਨਾ ਦੀ) ਅੱਗ ਬੁੱਝ ਗਈ, ਗੁਰੂ ਦੇ ਸ਼ਬਦ ਨੇ ਬੁਝਾ ਦਿੱਤੀ। ੪।

ਇਹੁ ਮਨੁ ਨਾਚੈ ਸਤਿਗੁਰ ਆਗੈ ਅਨਹਦ ਸਬਦ ਧੁਨਿ ਤੂਰ ਵਜਈਆ॥ ਹਰਿ ਹਰਿ ਉਸਤਤਿ ਕਰੈ ਦਿਨੁ ਰਾਤੀ ਰਖਿ ਰਖਿ ਚਰਣ ਹਰਿ ਤਾਲ ਪੂਰਈਆ॥੫॥ ਹਰਿ ਕੈ ਰੰਗਿ ਰਤਾ ਮਨੁ ਗਾਵੈ ਰਸਿ ਰਸਾਲ ਰਸਿ ਸਬਦੁ ਰਵਈਆ॥ ਨਿਜ ਘਰਿ ਧਾਰ ਚੁਐ ਅਤਿ ਨਿਰਮਲ ਜਿਨਿ ਪੀਆ ਤਿਨ ਹੀ ਸੁਖੁ ਲਹੀਆ॥੬॥ [ਪੰਨਾ ੮੩੪]

ਪਦ ਅਰਥ :—ਨਾਚੈ—ਨੱਚਦਾ ਹੈ। ਨਾਚੈ ਸਤਿਗੁਰ ਆਗੈ—ਗੁਰੂ ਦੇ ਅੱਗੇ ਨੱਚਦਾ ਹੈ, ਜਿਧਰ ਗੁਰੂ ਤੋਰੇ ਉਧਰ ਤੁਰਦਾ ਹੈ [ਆਮ ਤੌਰ ਤੇ ਮਨੁੱਖ ਮਾਇਆ ਦੇ ਹੱਥਾਂ ਤੇ ਨੱਚਦਾ ਰਹਿੰਦਾ ਹੈ)। ਅਨਹਦ—[ਅਨ੍ਹਦ] ਬਿਨਾ ਵਜਾਏ ਵੱਜਣ ਵਾਲਾ, ਇਕ ਰਸ, ਲਗਾਤਾਰ। ਧੁਨਿ—ਰੌ। ਤੂਰ—ਵਾਜੇ। ਉਸਤਤਿ—ਸਿਫ਼ਤਿ ਸਾਲਾਹ। ਚਰਣ ਹਰਿ—ਹਰੀ ਦੇ ਚਰਨ। ਰਖਿ ਰਖਿ—ਮੁੜ ਮੁੜ ਰੱਖ ਕੇ, ਹਰ ਵੇਲੇ ਰੱਖ ਕੇ। [ਨੋਟ! ਤਾਲ-ਸਿਰ ਨੱਚਣ ਵਾਸਤੇ ਨੱਚਣ ਵਾਲੇ ਦੇ ਨਾਲ ਰਾਗ ਦੇ ਸਾਜ਼ ਭੀ ਵਜਾਏ ਜਾਂਦੇ ਹਨ। ਗੁਰੂ ਦੀ ਰਜ਼ਾ ਵਿਚ ਤੁਰਨਾ—ਇਹ ਹੈ ਨੱਚਣਾ। ਇਕ-ਰਸ ਸਿਫ਼ਤਿ ਸਾਲਾਹ ਦੀ ਬਾਣੀ

ਦੀ ਲਗਨ—ਇਹ ਹਨ ਵਾਜੇ। ਪ੍ਰਭੂ ਦੀ ਯਾਦ ਹਰ ਵੇਲੇ ਮਨ ਵਿਚ ਵਸਾਈ ਰੱਖਣੀ—ਇਹ ਹੈ ਤਾਲ-ਸਿਰ ਕਦਮ ਚੁੱਕਣੇ]। ੫।

ਕੈ ਰੰਗਿ--ਦੇ (ਪ੍ਰੇਮ-) ਰੰਗ ਵਿਚ। ਰਤਾ—ਰੰਗਿਆ ਹੋਇਆ। ਰਸਿ—ਸੁਆਦ ਨਾਲ। ਰਸਾਲ—[ਰਸ-ਆਲਯ] ਰਸਾਂ ਦਾ ਸੋਮਾ ਪ੍ਰਭੂ। ਰਸਾਲ ਰਸਿ—ਪਰਮਾਤਮਾ ਦੇ ਪ੍ਰੇਮ ਵਿਚ। ਰਵਿਆ —ਹਿਰਦੇ ਵਿਚ ਵਸਾਈ ਰੱਖਦਾ ਹੈ। ਨਿਜ ਘਰਿ—ਆਪਣੇ(ਹਿਰਦੇ-) ਘਰ ਵਿਚ। ਚੁਐ—ਚੋਂਦੀ ਰਹਿੰਦੀ ਹੈ। ਅਤਿ—ਬਹੁਤ। ਜਿਨਿ—ਜਿਸ(ਮਨੁੱਖ)ਨੇ। ਤਿਨ ਹੀ—[ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਨਿ' ਦੀ ਿ ਉੱਡ ਗਈ ਹੈ] ਉਸ ਨੇ ਹੀ। ੬।

ਅਰਥ :—ਹੇ ਭਾਈ ! (ਜਿਸ ਮਨੁੱਖ ਦਾ)ਇਹ ਮਨ ਜਿਧਰ ਗੁਰੂ ਤੋਰਦਾ ਹੈ ਉਧਰ ਤੁਰਦਾ ਰਹਿੰਦਾ ਹੈ, (ਉਸ ਦੇ ਅੰਦਰ) ਸਿਫ਼ਤਿ ਸਾਲਾਹ ਦੀ ਬਾਣੀ ਦੀ ਰੌ ਦੇ ਇਕ-ਰਸ (ਮਾਨੋ) ਵਾਜੇ ਵੱਜਦੇ ਰਹਿੰਦੇ ਹਨ। ਉਹ ਮਨੁੱਖ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਦਾ ਰਹਿੰਦਾ ਹੈ, ਪ੍ਰਭੂ-ਚਰਨਾਂ ਨੂੰ ਹਰ ਵੇਲੇ (ਹਿਰਦੇ ਵਿਚ) ਵਸਾ ਕੇ (ਉਹ ਮਨੁੱਖ ਜੀਵਨ-ਤੋਰ) ਤਾਲ-ਸਿਰ ਤੁਰਦਾ ਰਹਿੰਦਾ ਹੈ। ੫।

ਹੇ ਭਾਈ ! ਪ੍ਰਭੂ ਦੇ (ਪ੍ਰੇਮ-)ਰੰਗ ਵਿਚ ਰੰਗਿਆ ਹੋਇਆ(ਜਿਸ ਮਨੁੱਖ ਦਾ) ਮਨ (ਸਿਫ਼ਤਿ ਸਾਲਾਹ ਦੇ ਗੀਤ) ਗਾਂਦਾ ਰਹਿੰਦਾ ਹੈ, ਰਸਾਂ ਦੇ ਸੋਮੇ ਪ੍ਰਭੂ ਦੇ ਪਿਆਰ ਵਿਚ ਸੁਆਦ ਨਾਲ (ਜੋ ਮਨੁੱਖ) ਗੁਰੂ ਦੇ ਸ਼ਬਦ ਨੂੰ ਜਪਦਾ ਰਹਿੰਦਾ ਹੈ, ਉਸ ਮਨੁੱਖ ਦੇ ਹਿਰਦੇ ਵਿਚ (ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੀ) ਬੜੀ ਸਾਫ਼-ਸੁਥਰੀ ਧਾਰ ਚੋਂਦੀ ਰਹਿੰਦੀ ਹੈ। ਜਿਸ ਮਨੁੱਖ ਨੇ (ਇਹ ਨਾਮ-ਜਲ) ਪੀਤਾ ਉਸ ਨੇ ਹੀ ਆਤਮਕ ਆਨੰਦ ਪ੍ਰਾਪਤ ਕੀਤਾ। ੬।

ਮਨ ਹਠਿ ਕਰਮ ਕਰੈ ਅਭਿਮਾਨੀ ਜਿਉ ਬਾਲਕ ਬਾਲੂ ਘਰ ਉਸਰਈਆ ॥ ਆਵੈ ਲਹਰਿ ਸਮੁੰਦ ਸਾਗਰ ਕੀ ਖਿਨ ਮਹਿ ਭਿੰਨ ਭਿੰਨ ਢਹਿ ਪਈਆ ॥ ੭ ॥ ਹਰਿ ਸਰੁ ਸਾਗਰੁ ਹਰਿ ਹੈ ਆਪੇ ਇਹੁ ਜਗੁ ਹੈ ਸਭੁ ਖੇਲੁ ਖੇਲਈਆ ॥ ਜਿਉ ਜਲ ਤਰੰਗ ਜਲੁ ਜਲਹਿ ਸਮਾਵਹਿ ਨਾਨਕ ਆਪੇ ਆਪਿ ਰਮਈਆ ॥੮॥੩॥ [ਪੰਨਾ ੮੩੪]

ਪਦ ਅਰਥ :—ਮਨ ਹਠਿ—(ਆਪਣੇ) ਮਨ ਦੇ ਹਠ ਨਾਲ। ਕਰਮ—(ਮਿਥੇ ਹੋਏ ਧਾਰਮਿਕ) ਕੰਮ। ਅਭਿਮਾਨੀ—ਅਹੰਕਾਰੀ (ਹੋ ਜਾਂਦਾ ਹੈ)। ਬਾਲੂ—ਰੇਤ। ੭।

ਸਰੁ—ਸਰੋਵਰ, ਤਾਲਾਬ। ਸਾਗਰੁ—ਸਮੁੰਦਰ। ਆਪੇ—ਆਪ ਹੀ ।ਸਭੁ—ਸਾਰਾ। ਤਰੰਗ—ਲਹਿਰਾਂ। ਜਲਹਿ—ਪਾਣੀ ਵਿਚ ਹੀ [ਜਲਹਿ—ਜਲਿ ਹੀ। ਕ੍ਰਿਆ ਵਿਸ਼ੇਸ਼ਣ

'ਹੀ' ਦੇ ਕਾਰਨ ਲਫ਼ਜ਼ 'ਜਲਿ' ਦੀ ਿ ਉੱਡ ਗਈ ਹੈ]। ਸਮਾਵਹਿ—ਲੀਨ ਹੋ ਜਾਂਦੀਆਂ ਹਨ। ੮।

ਅਰਥ :—(ਜਿਹੜਾ ਮਨੁੱਖ ਆਪਣੇ) ਮਨ ਦੇ ਹਠ ਨਾਲ (ਮਿਥੇ ਹੋਏ ਧਾਰਮਿਕ) ਕਰਮ ਕਰਦਾ ਰਹਿੰਦਾ ਹੈ, ਉਸ ਨੂੰ (ਆਪਣੇ ਧਰਮੀ ਹੋਣ ਦਾ) ਮਾਣ ਹੋ ਜਾਂਦਾ ਹੈ, (ਉਸ ਦੇ ਇਹ ਉੱਦਮ ਫਿਰ ਇਉਂ ਹੀ ਹਨ) ਜਿਵੇਂ ਬੱਚੇ ਰੇਤ ਦੇ ਘਰ ਉਸਾਰਦੇ ਹਨ, ਸਮੁੰਦਰ ਦੇ ਪਾਣੀ ਦੀ ਲਹਿਰ ਆਉਂਦੀ ਹੈ, ਤੇ, ਉਹ ਘਰ ਇਕ ਖਿਨ ਵਿਚ ਕਿਣਕਾ ਕਿਣਕਾ ਹੋ ਕੇ ਢਹਿ ਜਾਂਦੇ ਹਨ। ੭।

ਹੇ ਭਾਈ ! ਇਹ ਸਾਰਾ ਜਗਤ (ਪਰਮਾਤਮਾ ਨੇ) ਇਕ ਤਮਾਸ਼ਾ ਰਚਿਆ ਹੋਇਆ ਹੈ, ਉਹ ਆਪ ਹੀ (ਜੀਵਨ ਦਾ) ਸਰੋਵਰ ਹੈ, ਸਮੁੰਦਰ ਹੈ (ਸਾਰੇ ਜੀਵ ਉਸ ਸਮੁੰਦਰ ਦੀਆਂ ਲਹਿਰਾਂ ਹਨ)। ਹੇ ਨਾਨਕ ! ਜਿਵੇਂ (ਸਮੁੰਦਰ ਦੇ) ਪਾਣੀ ਦੀਆਂ ਲਹਿਰਾਂ (ਸਮੁੰਦਰ ਦਾ) ਪਾਣੀ (ਹੀ ਹਨ) ਪਾਣੀ ਵਿਚ ਹੀ ਮਿਲ ਜਾਂਦੀਆਂ ਹਨ (ਇਸੇ ਤਰ੍ਹਾਂ) ਉਹ ਸੋਹਣਾ ਰਾਮ (ਹਰ ਥਾਂ) ਆਪ ਹੀ ਆਪ ਹੈ। ੮। ੩।

ਬਿਲਾਵਲੁ ਮਹਲਾ ੪ ॥ ਸਤਿਗੁਰੁ ਪਰਚੈ ਮਨਿ ਮੁੰਦ੍ਰਾ ਪਾਈ ਗੁਰ ਕਾ ਸਬਦੁ ਤਨਿ ਭਸਮ ਦ੍ਰਿੜਈਆ ॥ ਅਮਰ ਪਿੰਡ ਭਏ ਸਾਧੂ ਸੰਗਿ ਜਨਮ ਮਰਨ ਦੋਊ ਮਿਟਿ ਗਈਆ ॥੧॥ ਮੇਰੇ ਮਨ ਸਾਧ ਸੰਗਤਿ ਮਿਲਿ ਰਹੀਆ ॥ ਕ੍ਰਿਪਾ ਕਰਹੁ ਮਧਸੂਦਨ ਮਾਧਉ ਮੈ ਖਿਨੁ ਖਿਨੁ ਸਾਧੂ ਸੰਗਿ ਪਖਈਆ ॥ ੧ ॥ ਰਹਾਉ ॥ ਤਜੈ ਗਿਰਸਤੁ ਭਇਆ ਬਨਵਾਸੀ ਇਕੁ ਖਿਨੁ ਮਨੂਆ ਟਿਕੈ ਨ ਟਿਕਈਆ ॥ ਧਾਵਤੁ ਧਾਇ ਤਦੇ ਘਰਿ ਆਵੈ ਹਰਿ ਹਰਿ ਸਾਧੂ ਸਰਣਿ ਪਵਈਆ ॥ ੨ ॥[ਪੰਨਾ੮੩੪]

ਪਦ ਅਰਥ :—ਪਰਚੈ—ਪ੍ਰਸੰਨ ਹੋ ਜਾਂਦਾ ਹੈ (ਜਿਨ੍ਹਾਂ ਮਨੁੱਖਾਂ ਉਤੇ)। ਮਨਿ—ਮਨ ਵਿਚ। ਤਨਿ—ਸਰੀਰ ਉਤੇ। ਭਸਮ—ਸੁਆਹ। ਦ੍ਰਿੜਈਆ—ਹਿਰਦੇ ਵਿਚ ਪੱਕੇ ਤੌਰ ਤੇ ਵਸਾ ਲਿਆ। ਅਮਰ—ਅ-ਮਰ, ਨਾਂਹ ਮਰਨ ਵਾਲੇ। ਪਿੰਡ—ਸਰੀਰ। ਅਮਰ ਪਿੰਡ—ਮੌਤ-ਰਹਿਤ ਸਰੀਰਾਂ ਵਾਲੇ, ਜਨਮ ਮਰਨ ਦੇ ਗੇੜ ਤੋਂ ਬਚੇ ਹੋਏ। ਸਾਧੂ ਸੰਗਿ—ਗੁਰੂ ਦੀ ਸੰਗਤਿ ਵਿਚ। ਦੋਊ—ਦੋਵੇਂ ਹੀ। ੧।

ਮਨ—ਹੇ ਮਨ ! ਮਿਲਿ—ਮਿਲ ਕੇ। ਮਧ ਸੂਦਨ—ਹੇ ਮਧ ਸੂਦਨ ! ਹੇ ਮਧੂ-ਰਾਖਸ਼ ਨੂੰ ਮਾਰਨ ਵਾਲੇ ! ਮਾਧਉ—ਹੇ ਮਾਇਆ ਦੇ ਪਤੀ ! (ਧਵ—ਪਤੀ)। ਪਖਈਆ—ਮੈਂ ਧੋਂਦਾ ਰਹਾਂ। ੧। ਰਹਾਉ।

ਤਜੈ—ਤਿਆਗਦਾ ਹੈ, ਛੱਡ ਜਾਂਦਾ ਹੈ। ਬਨਵਾਸੀ—ਜੰਗਲ ਦਾ ਵਾਸੀ। ਧਾਵਤੁ—

ਭਟਕਦਾ ਮਨ। ਧਾਇ–ਭਟਕ ਕੇ, ਦੌੜ ਕੇ। ਤਦੇ–ਤਦੋਂ ਹੀ। ਘਰਿ–ਘਰ ਵਿਚ। ਸਾਧੂ–ਗੁਰੂ। ੨।

ਅਰਥ :–ਹੇ ਮੇਰੇ ਮਨ! ਗੁਰੂ ਦੀ ਸੰਗਤਿ ਵਿਚ ਮਿਲ ਕੇ ਰਹਿਣਾ ਚਾਹੀਦਾ ਹੈ (ਅਤੇ ਅਰਜ਼ੋਈ ਕਰਦੇ ਰਹਿਣਾ ਚਾਹੀਦਾ ਹੈ ਕਿ) ਹੇ ਮਧਸੂਦਨ! ਹੇ ਮਾਧੋ!(ਮੇਰੇ ਉਤੇ) ਮਿਹਰ ਕਰ, ਮੈਂ ਹਰ ਵੇਲੇ ਗੁਰੂ ਦੇ ਚਰਨ ਧੋਂਦਾ ਰਹਾਂ(ਹਰ ਵੇਲੇ ਗੁਰੂ ਦੀ ਸਰਨ ਪਿਆ ਰਹਾਂ)।੧।ਰਹਾਉ।

ਹੇ ਭਾਈ! (ਜਿਨ੍ਹਾਂ ਮਨੁੱਖਾਂ ਉਤੇ) ਗੁਰੂ ਪ੍ਰਸੰਨ ਹੋ ਜਾਂਦਾ ਹੈ (ਗੁਰੂ ਦੀ ਇਹ ਪ੍ਰਸੰਨਤਾ ਉਹਨਾਂ ਨੇ ਆਪਣੇ) ਮਨ ਵਿਚ (ਜੋਗੀਆਂ ਵਾਲੀ) ਮੁੰਦ੍ਰਾ ਪਾਈ ਹੋਈ ਹੈ, ਗੁਰੂ ਦਾ ਸ਼ਬਦ (ਉਹਨਾਂ ਨੇ ਆਪਣੇ ਹਿਰਦੇ ਵਿਚ) ਪੱਕਾ ਟਿਕਾਇਆ ਹੋਇਆ ਹੈ (ਇਹ ਉਹਨਾਂ ਆਪਣੇ) ਸਰੀਰ ਉੱਤੇ ਸੁਆਹ ਮਲੀ ਹੋਈ ਹੈ। (ਇਸ ਤਰ੍ਹਾਂ) ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ ਜਨਮ ਮਰਨ ਦੇ ਗੇੜ ਤੋਂ ਬਚ ਗਏ ਹਨ, ਉਹਨਾਂ ਦਾ ਜਨਮ ਅਤੇ ਮੌਤ ਦੋਵੇਂ ਹੀ ਮੁੱਕ ਗਏ ਹਨ।੧।

ਪਰ, ਹੇ ਭਾਈ! (ਜਿਹੜਾ ਮਨੁੱਖ) ਗ੍ਰਿਹਸਤ ਛੱਡ ਜਾਂਦਾ ਹੈ ਅਤੇ ਜੰਗਲ ਦਾ ਵਾਸੀ ਜਾ ਬਣਦਾ ਹੈ (ਇਸ ਤਰ੍ਹਾਂ ਉਸ ਦਾ) ਮਨ (ਤਾਂ) ਟਿਕਾਇਆਂ ਇਕ ਖਿਨ ਵਾਸਤੇ ਭੀ ਨਹੀਂ ਟਿਕਦਾ। ਹੇ ਭਾਈ! ਇਹ ਭਟਕਦਾ ਮਨ ਭਟਕ ਭਟਕ ਕੇ ਤਦੋਂ ਹੀ ਟਿਕਾਉ ਵਿਚ ਆਉਂਦਾ ਹੈ, ਜਦੋਂ ਮਨੁੱਖ ਪਰਮਾਤਮਾ ਜੀ ਗੁਰੂ ਦੀ ਸਰਨ ਪੈਂਦਾ ਹੈ। ੨।

ਧੀਆ ਪੂਤ ਛੋਡਿ ਸੰਨਿਆਸੀ ਆਸਾ ਆਸ ਮਨਿ ਬਹੁਤੁ ਕਰਈਆ॥ ਆਸਾ ਆਸ ਕਰੈ ਨਹੀ ਬੂਝੈ ਗੁਰ ਕੈ ਸਬਦਿ ਨਿਰਾਸ ਸੁਖੁ ਲਹੀਆ ॥੩॥ ਉਪਜੀ ਤਰਕ ਦਿਗੰਬਰੁ ਹੋਆ ਮਨੁ ਦਹਦਿਸ ਚਲਿ ਚਲਿ ਗਵਨੁ ਕਰਈਆ ॥ ਪ੍ਰਭਵਨੁ ਕਰੈ ਬੂਝੈ ਨਹੀ ਤ੍ਰਿਸਨਾ ਮਿਲਿ ਸੰਗਿ ਸਾਧ ਦਇਆ ਘਰੁ ਲਹੀਆ ॥੪॥ [ਪੰਨਾ ੮੩੫]

ਪਦ ਅਰਥ :–ਛੋਡਿ–ਛੱਡ ਕੇ। ਮਨਿ–ਮਨ ਵਿਚ। ਕਰੈ–ਕਰਦਾ ਹੈ। ਬੂਝੈ–ਸਮਝਦਾ। ਕੈ ਸਬਦਿ–ਦੇ ਸ਼ਬਦ ਦੀ ਰਾਹੀਂ। ਨਿਰਾਸ–ਆਸਾ-ਰਹਿਤ ਹੋ ਕੇ। ੩।

ਤਰਕ–ਨਫ਼ਰਤ। ਦਿਗੰਬਰ–[ਦਿਗ-ਅੰਬਰੁ। ਦਿਗ–ਦਿਸ਼ਾ। ਅੰਬਰੁ–ਕੱਪੜਾ] ਜਿਸ ਨੇ ਚੌਹਾਂ ਤਰਫ਼ਾਂ ਨੂੰ ਹੀ ਕੱਪੜਾ ਬਣਾਇਆ ਹੋਇਆ ਹੈ, ਨਾਂਗਾ, ਜੈਨੀ। ਦਹਦਿਸ–ਦਸੀਂ ਪਾਸੀਂ। ਚਲਿ ਚਲਿ–ਜਾ ਜਾ ਕੇ, ਭਟਕ ਭਟਕ ਕੇ। ਗਵਨੁ–ਰਟਨ, ਦੌੜ-ਭੱਜ।,ਪ੍ਰਭਵਨੁ–(ਸਾਰੇ ਦੇਸ ਦਾ) ਰਟਨ। ਮਿਲਿ–ਮਿਲ ਕੇ। ਦਇਆ ਘਰੁ–

ਦਇਆ ਦਾ ਘਰ, ਦਇਆ ਦਾ ਸੋਮਾ ਹਰੀ । ੪ ।

ਅਰਥ :-ਹੇ ਭਾਈ ! (ਜਿਹੜਾ ਮਨੁੱਖ) ਧੀਆਂ ਪੁੱਤਰ (ਪਰਵਾਰ) ਛੱਡ ਕੇ ਸੰਨਿਆਸੀ ਜਾ ਬਣਦਾ ਹੈ (ਉਹ ਤਾਂ ਫਿਰ ਭੀ ਆਪਣੇ) ਮਨ ਵਿਚ ਅਨੇਕਾਂ ਹੀ ਆਸਾਂ ਬਣਾਂਦਾ ਰਹਿੰਦਾ ਹੈ, ਨਿੱਤ ਆਸਾਂ ਬਣਾਂਦਾ ਹੈ (ਇਸ ਤਰ੍ਹਾਂ ਸਹੀ ਆਤਮਕ ਜੀਵਨ ਨੂੰ) ਨਹੀਂ ਸਮਝਦਾ । ਪਰ, ਹਾਂ ! ਗੁਰੂ ਦੇ ਸ਼ਬਦ ਦੀ ਰਾਹੀਂ ਦੁਨੀਆ ਦੀਆਂ ਆਸਾਂ ਤੋਂ ਉਤਾਂਹ ਹੋ ਕੇ ਮਨੁੱਖ ਆਤਮਕ ਆਨੰਦ ਮਾਣ ਸਕਦਾ ਹੈ । ੩ ।

ਹੇ ਭਾਈ ! (ਕੋਈ ਮਨੁੱਖ ਅਜਿਹਾ ਹੈ ਜਿਸ ਦੇ ਮਨ ਵਿਚ ਦੁਨੀਆ ਵਲੋਂ)ਨਫਰਤ ਪੈਦਾ ਹੁੰਦੀ ਹੈ, ਉਹ ਨਾਂਗਾ ਸਾਧੂ ਬਣ ਜਾਂਦਾ ਹੈ, (ਫਿਰ ਭੀ ਉਸ ਦਾ) ਮਨ ਦਸੀਂ ਪਾਸੀਂ ਦੌੜ ਦੌੜ ਕੇ ਭਟਕਦਾ ਫਿਰਦਾ ਹੈ, (ਉਹ ਮਨੁੱਖ ਧਰਤੀ ਉੱਤੇ) ਰਟਨ ਕਰਦਾ ਫਿਰਦਾ ਹੈ, (ਉਸ ਦੀ ਮਾਇਆ ਦੀ) ਤ੍ਰਿਸ਼ਨਾ (ਫਿਰ ਭੀ) ਨਹੀਂ ਮਿਟਦੀ। ਹਾਂ, ਗੁਰੂ ਦੀ ਸੰਗਤਿ ਵਿਚ ਮਿਲ ਕੇ ਮਨੁੱਖ ਦਇਆ ਦੇ ਸੋਮੇ ਪਰਮਾਤਮਾ ਨੂੰ ਲੱਭ ਲੈਂਦਾ ਹੈ । ੪ ।

ਆਸਣ ਸਿਧ ਸਿਖਹਿ ਬਹੁਤੇਰੇ ਮਨਿ ਮਾਗਹਿ ਰਿਧਿ ਸਿਧਿ ਚੇਟਕ ਚੇਟਕਈਆ ॥ ਤ੍ਰਿਪਤਿ ਸੰਤੋਖੁ ਮਨਿ ਸਾਂਤਿ ਨ ਆਵੈ ਮਿਲਿ ਸਾਧੂ ਤ੍ਰਿਪਤਿ ਹਰਿਨਾਮਿ ਸਿਧਿ ਪਈਆ ॥ ੫ ॥ ਅੰਡਜ ਜੇਰਜ ਸੇਤਜ ਉਤਭੁਜ ਸਭਿ ਵਰਨ ਰੂਪ ਜੀਅ ਜੰਤ ਉਪਈਆ ॥ ਸਾਧੂ ਸਰਣਿ ਪਰੈ ਸੋ ਉਬਰੈ ਖਤ੍ਰੀ ਬ੍ਰਾਹਮਣੁ ਸੂਦੁ ਵੈਸੁ ਚੰਡਾਲੁ ਚੰਡਈਆ ॥ ੬ ॥ [ਪੰਨਾ ੯੩੫]

ਪਦ ਅਰਥ :-ਸਿਧ-ਸਿੱਧ, (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ । ਸਿਖਹਿ-ਸਿੱਖਦੇ ਹਨ । ਮਨਿ-ਮਨ ਵਿਚ । ਮਾਗਹਿ-ਮੰਗਦੇ ਹਨ । ਰਿਧਿ ਸਿਧਿ-ਰਿੱਧੀਆਂ ਸਿੱਧੀਆਂ, ਕਰਾਮਾਤੀ ਤਾਕਤਾਂ । ਚੇਟਕ-ਕਰਾਮਾਤੀ ਤਮਾਸ਼ੇ । ਤ੍ਰਿਪਤਿ-(ਮਾਇਆ ਵਲੋਂ) ਰਜੇਵਾਂ । ਮਨਿ-ਮਨ ਵਿਚ । ਮਿਲਿ ਸਾਧੂ-ਗੁਰੂ ਨੂੰ ਮਿਲ ਕੇ । ਸਿਧਿ-ਸਫਲਤਾ। ੫ ।

ਅੰਡਜ-ਅੰਡਿਆਂ ਤੋਂ ਪੈਦਾ ਹੋਣ ਵਾਲੇ ਜੀਵ । ਜੇਰਜ-ਜਿਓਰ ਤੋਂ ਪੈਦਾ ਹੋਣ ਵਾਲੇ । ਸੇਤਜ-ਮੁੜ੍ਹਕੇ ਤੋਂ ਪੈਦਾ ਹੋਣ ਵਾਲੇ । ਉਤਭੁਜ-[ਤਦ੍ਭਿੱਜ] ਧਰਤੀ ਵਿਚੋਂ ਫੁੱਟਣ ਵਾਲੇ । ਸਭਿ-ਸਾਰੇ । ਵਰਨ-ਰੰਗ । ਪਰੈ-ਪੈਂਦਾ ਹੈ । ਉਬਰੈ-(ਸੰਸਾਰ-ਸਮੁੰਦਰ ਤੋਂ) ਬਚ ਨਿਕਲਦਾ ਹੈ । ੬ ।

ਅਰਥ :-ਹੇ ਭਾਈ ! (ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ ਅਨੇਕਾਂ ਆਸਣ ਸਿੱਖਦੇ ਹਨ [ਸ਼ੀਰਸ਼-ਆਸਣ, ਪਦਮ-ਆਸਣ ਆਦਿਕ], ਪਰ ਉਹ ਭੀ ਆਪਣੇ ਮਨ

ਵਿਚ ਕਰਾਮਾਤੀ ਤਾਕਤਾਂ ਤੇ ਨਾਟਕ-ਚੇਟਕ ਹੀ ਮੰਗਦੇ ਰਹਿੰਦੇ ਹਨ (ਜਿਨ੍ਹਾਂ ਨਾਲ ਉਹ ਆਮ ਜਨਤਾ ਉਤੇ ਆਪਣਾ ਪ੍ਰਭਾਵ ਪਾ ਸਕਣ) । (ਉਹਨਾਂ ਦੇ) ਮਨ ਵਿਚ ਮਾਇਆ ਵਲੋਂ ਤ੍ਰਿਪਤੀ ਨਹੀਂ ਹੁੰਦੀ, ਉਹਨਾਂ ਨੂੰ ਸੰਤੋਖ ਨਹੀਂ ਪ੍ਰਾਪਤ ਹੁੰਦਾ, ਮਨ ਵਿਚ ਸ਼ਾਂਤੀ ਨਹੀਂ ਆਉਂਦੀ । ਹਾਂ, ਗੁਰੂ ਨੂੰ ਮਿਲ ਕੇ ਪਰਮਾਤਮਾ ਦੇ ਨਾਮ ਦੀ ਰਾਹੀਂ ਮਨੁੱਖ ਤ੍ਰਿਪਤੀ ਹਾਸਲ ਕਰ ਲੈਂਦਾ ਹੈ, ਆਤਮਕ ਜੀਵਨ ਦੀ ਸਫਲਤਾ ਪ੍ਰਾਪਤ ਕਰ ਲੈਂਦਾ ਹੈ। ੫।

ਹੇ ਭਾਈ ! ਅੰਡਿਆਂ ਵਿਚੋਂ ਜੰਮਣ ਵਾਲੇ, ਜਿਓਰ ਵਿਚੋਂ ਪੈਦਾ ਹੋਣ ਵਾਲੇ, ਮੁੜ੍ਹਕੇ ਵਿਚੋਂ ਜੰਮਣ ਵਾਲੇ, ਧਰਤੀ ਵਿਚੋਂ ਫੁੱਟਣ ਵਾਲੇ–ਇਹ ਸਾਰੇ ਅਨੇਕਾਂ ਰੂਪਾਂ ਰੰਗਾਂ ਦੇ ਜੀਅ-ਜੰਤ ਪਰਮਾਤਮਾ ਨੇ ਪੈਦਾ ਕੀਤੇ ਹੋਏ ਹਨ । (ਇਹਨਾਂ ਵਿਚੋਂ ਜਿਹੜਾ ਜੀਵ) ਗੁਰੂ ਦੀ ਸਰਨ ਆ ਪੈਂਦਾ ਹੈ, ਉਹ (ਸੰਸਾਰ-ਸਮੁੰਦਰ ਤੋਂ) ਬਚ ਨਿਕਲਦਾ ਹੈ, ਚਾਹੇ ਉਹ ਖੱਤ੍ਰੀ ਹੈ ਚਾਹੇ ਬ੍ਰਾਹਮਣ ਹੈ, ਚਾਹੇ ਸ਼ੂਦਰ ਹੈ,ਚਾਹੇ ਵੈਸ਼ ਹੈ, ਚਾਹੇ ਮਹਾ ਚੰਡਾਲ ਹੈ। ੬ ।

ਨਾਮਾ ਜੈਦੇਉ ਕੰਬੀਰੁ ਤ੍ਰਿਲੋਚਨੁ ਅਉਜਾਤਿ ਰਵਿਦਾਸੁ ਚਮਿਆਰੁ ਚਮਈਆ ॥ ਜੋ ਜੋ ਮਿਲੈ ਸਾਧੂ ਜਨ ਸੰਗਤਿ ਧਨੁ ਧੰਨਾ ਜਟੁ ਸੈਣੁ ਮਿਲਿਆ ਹਰਿ ਦਈਆ ॥੭॥ ਸੰਤ ਜਨਾ ਕੀ ਹਰਿ ਪੈਜ ਰਖਾਈ ਭਗਤਿ ਵਛਲੁ ਅੰਗੀਕਾਰੁ ਕਰਈਆ ॥ ਨਾਨਕ ਸਰਣਿ ਪਰੇ ਜਗ ਜੀਵਨ ਹਰਿ ਹਰਿ ਕਿਰਪਾ ਧਾਰਿ ਰਖਈਆ ॥ ੮ ॥ ੪ ॥ [ਪੰਨਾ ੯੬੫]

ਪਦ ਅਰਥ :–ਅਉਜਾਤਿ–ਨੀਵੀਂ ਜਾਤਿ ਵਾਲਾ । ਸਾਧੂ ਜਨ ਸੰਗਤਿ–ਸੰਤ ਜਨਾਂ ਦੀ ਸੰਗਤਿ ਵਿਚ । ਧਨੁ–ਧੰਨ, ਭਾਗਾਂ ਵਾਲਾ । ਦਈਆ–ਦਇਆ ਦਾ ਘਰ ਪ੍ਰਭੂ । ੭।

ਪੈਜ–ਇੱਜ਼ਤ, ਲਾਜ । ਭਗਤਿ ਵਛਲੁ–ਭਗਤੀ ਨਾਲ ਪਿਆਰ ਕਰਨ ਵਾਲਾ ਹਰੀ । ਅੰਗੀਕਾਰੁ–ਪੱਖ । ਸਰਣਿ ਜਗ ਜੀਵਨ–ਜਗਤ ਦੇ ਜੀਵਨ ਪ੍ਰਭੂ ਦੀ ਸਰਨ । ਰਖਈਆ–ਰੱਖਿਆ ਕਰਦਾ ਹੈ । ੮ ।

ਅਰਥ :–ਹੇ ਭਾਈ ! ਨਾਮਦੇਵ, ਜੈਦੇਓ, ਕਬੀਰ, ਤ੍ਰਿਲੋਚਨ, ਨੀਵੀਂ ਜਾਤਿ ਵਾਲਾ ਰਵਿਦਾਸ ਚਮਾਰ, ਧੰਨਾ ਜੱਟ, ਸੈਣ (ਨਾਈ)–ਜਿਹੜਾ ਜਿਹੜਾ ਭੀ ਸੰਤ ਜਨਾਂ ਦੀ ਸੰਗਤਿ ਵਿਚ ਮਿਲਦਾ ਆਇਆ ਹੈ, ਉਹ ਭਾਗਾਂ ਵਾਲਾ ਬਣਦਾ ਗਿਆ, ਉਹ ਦਇਆ ਦੇ ਸੋਮੇ ਪਰਮਾਤਮਾ ਨੂੰ ਮਿਲ ਪਿਆ । ੭ ।

ਹੇ ਨਾਨਕ !(ਆਖ–ਹੇ ਭਾਈ!)ਪਰਮਾਤਮਾ ਭਗਤੀ ਨਾਲ ਪਿਆਰ ਕਰਨ ਵਾਲਾ

ਹੈ, ਆਪਣੇ ਸੰਤ ਜਨਾਂ ਦੀ ਸਦਾ ਲਾਜ ਰੱਖਦਾ ਆਇਆ ਹੈ, ਸੰਤ ਜਨਾਂ ਦਾ ਪੱਖ ਕਰਦਾ ਆਇਆ ਹੈ। ਜਿਹੜੇ ਮਨੁੱਖ ਜਗਤ ਦੇ ਜੀਵਨ ਪ੍ਰਭੂ ਦੀ ਸਰਨ ਪੈਂਦੇ ਹਨ, ਮਿਹਰ ਕਰ ਕੇ ਉਹਨਾਂ ਦੀ ਰੱਖਿਆ ਕਰਦਾ ਹੈ। ੮। ੪।

ਬਿਲਾਵਲੁ ਮਹਲਾ ੪ ॥ ਅੰਤਰਿ ਪਿਆਸ ਉਠੀ ਪ੍ਰਭ ਕੇਰੀ ਸੁਣਿ ਗੁਰ ਬਚਨ ਮਨਿ ਤੀਰ ਲਗਈਆ ॥ ਮਨ ਕੀ ਬਿਰਥਾ ਮਨ ਹੀ ਜਾਣੈ ਅਵਰੁ ਕਿ ਜਾਣੈ ਕੋ ਪੀਰ ਪਰਈਆ ॥੧॥ ਰਾਮ ਗੁਰਿ ਮੋਹਨਿ ਮੋਹਿ ਮਨੁ ਲਈਆ ॥ ਹਉ ਆਕਲ ਬਿਕਲ ਭਈ ਗੁਰ ਦੇਖੇ ਹਉ ਲੋਟ ਪੋਟ ਹੋਇ ਪਈਆ ॥ ੧ ॥ ਰਹਾਉ ॥ ਹਉ ਨਿਰਖਤ ਫਿਰਉ ਸਭਿ ਦੇਸ ਦਿਸੰਤਰ ਮੈ ਪ੍ਰਭ ਦੇਖਨ ਕੋ ਬਹੁਤੁ ਮਨਿ ਚਈਆ ॥ ਮਨੁ ਤਨੁ ਕਾਟਿ ਦੇਉ ਗੁਰ ਆਗੈ ਜਿਨਿ ਹਰਿ ਪ੍ਰਭ ਮਾਰਗੁ ਪੰਥੁ ਦਿਖਈਆ ॥ ੨ ॥ [੮੩੫]

ਪਦ ਅਰਥ :—ਅੰਤਰਿ—(ਮੇਰੇ) ਅੰਦਰ। ਪਿਆਸ—ਤਾਂਘ। ਪ੍ਰਭ ਕੇਰੀ—ਪ੍ਰਭੂ (ਨੂੰ ਮਿਲਣ) ਦੀ। ਸੁਣਿ—ਸੁਣ ਕੇ। ਮਨਿ—(ਮੇਰੇ) ਮਨ ਵਿਚ। ਬਿਰਹਾ—ਪੀੜਾ। ਮਨ ਹੀ—ਮਨੁ ਹੀ [ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਮਨੁ' ਦਾ _ ਉੱਡ ਗਿਆ ਹੈ]।ਜਾਣੈ—ਜਾਣਦਾ ਹੈ। ਅਵਰੁ ਕੋ—ਕੋਈ ਹੋਰ। ਕਿ—ਕੀਹ ? ਪਰਈਆ—ਪਰਾਈ।੧।

ਰਾਮ—ਹੇ (ਮੇਰੇ) ਰਾਮ ! ਗੁਰਿ—ਗੁਰੂ ਨੇ। ਮੋਹਨਿ—ਮੋਹਨ ਨੇ। ਗੁਰਿ ਮੋਹਨਿ-ਮੋਹਨ ਗੁਰੂ ਨੇ, ਪਿਆਰੇ ਗੁਰੂ ਨੇ। ਮੋਹਿ ਲਈਆ—ਮੋਹ ਲਿਆ ਹੈ, ਆਪਣੇ ਵੱਸ ਵਿਚ ਕਰ ਲਿਆ ਹੈ। ਹਉ—ਹਉਂ, ਮੈਂ।ਆਕਲ ਬਿਕਲ—[आकुल,विकल— Disturbed, Unnerved] ਘਬਰਾਈ ਹੋਈ। ਆਕਲ ਬਿਕਲ ਭਈ—ਆਪਣੀ ਚਤੁਰਾਈ-ਸਿਆਣਪ ਗਵਾ ਬੈਠੀ ਹਾਂ। ਲੋਟ ਪੋਟ—ਕਾਬੂ ਤੋਂ ਬਾਹਰ, ਆਪਣੇ ਮਨ ਦੇ ਕਾਬੂ ਤੋਂ ਬਾਹਰ। ੧। ਰਹਾਉ।

ਨਿਰਖਤ ਫਿਰਉ—[ਫਿਰਉਂ] ਮੈਂ ਭਾਲਦੀ ਫਿਰਦੀ ਹਾਂ। ਸਭਿ—ਸਾਰੇ। ਦਿਸੰਤਰ—ਦੇਸ-ਅੰਤਰ, ਹੋਰ ਹੋਰ ਦੇਸ। ਕੋ—ਦਾ। ਮਨਿ—(ਮੇਰੇ) ਮਨ ਵਿਚ। ਚਈਆ—ਚਾਉ। ਕਾਟਿ—ਕੱਟ ਕੇ। ਦੇਉ—ਦੇਉਂ, ਮੈਂ ਦੇਂਦੀ ਹਾਂ। ਜਿਨਿ—ਜਿਸ (ਗੁਰੂ) ਨੇ। ਮਾਰਗੁ—ਰਸਤਾ। ਪੰਥੁ—ਰਸਤਾ। ਦਿਖਈਆ—ਵਿਖਾ ਦਿੱਤਾ ਹੈ। ੨।

ਅਰਥ :—ਹੇ (ਮੇਰੇ) ਰਾਮ ! ਪਿਆਰੇ ਗੁਰੂ ਨੇ (ਮੇਰਾ) ਮਨ ਆਪਣੇ ਵੱਸ ਵਿਚ ਕਰ ਲਿਆ ਹੈ। ਗੁਰੂ ਦਾ ਦਰਸ਼ਨ ਕਰ ਕੇ (ਹੁਣ) ਮੈਂ ਆਪਣੀ ਚਤੁਰਾਈ-ਸਿਆਣਪ ਗਵਾ ਬੈਠੀ ਹਾਂ, ਮੇਰਾ ਆਪਣਾ ਆਪ ਮੇਰੇ ਆਪਣੇ ਵੱਸ ਵਿਚ ਨਹੀਂ ਰਿਹਾ (ਮੇਰਾ ਮਨ ਅਤੇ ਮੇਰੇ ਗਿਆਨ-ਇੰਦ੍ਰੇ ਗੁਰੂ ਦੇ ਵੱਸ ਵਿਚ ਹੋ ਗਏ ਹਨ)। ੧। ਰਹਾਉ।

ਹੇ ਭਾਈ ! ਗੁਰੂ ਦੇ ਬਚਨ ਸੁਣ ਕੇ (ਇਉਂ ਹੋਇਆ ਹੈ ਜਿਵੇਂ ਮੇਰੇ) ਮਨ ਵਿਚ (ਬਿਰਹੋਂ ਦੇ) ਤੀਰ ਵੱਜ ਗਏ ਹਨ, ਮੇਰੇ ਅੰਦਰ ਪ੍ਰਭੂ ਦੇ ਦਰਸ਼ਨ ਦੀ ਤਾਂਘ ਪੈਦਾ ਹੋ ਗਈ ਹੈ। ਹੇ ਭਾਈ ! (ਮੇਰੇ) ਮਨ ਦੀ (ਇਸ ਵੇਲੇ ਦੀ) ਪੀੜਾ ਨੂੰ (ਮੇਰਾ ਆਪਣਾ) ਮਨ ਹੀ ਜਾਣਦਾ ਹੈ। ਕੋਈ ਹੋਰ ਪਰਾਈ ਪੀੜ ਨੂੰ ਕੀਹ ਜਾਣ ਸਕਦਾ ਹੈ ? ੧ ।

ਹੇ ਭਾਈ ! (ਮੇਰੇ) ਮਨ ਵਿਚ ਪ੍ਰਭੂ ਦਾ ਦਰਸ਼ਨ ਕਰਨ ਦਾ ਬਹੁਤ ਚਾਉ ਪੈਦਾ ਹੋ ਚੁਕਾ ਹੈ, ਮੈਂ ਸਾਰੇ ਦੇਸਾਂ ਦੇਸਾਂਤਰਾਂ ਵਿਚ (ਉਸ ਨੂੰ) ਭਾਲਦੀ ਫਿਰਦੀ ਹਾਂ (ਸਾਂ)। ਜਿਸ (ਗੁਰੂ) ਨੇ (ਮੈਨੂੰ) ਪ੍ਰਭੂ (ਦੇ ਮਿਲਾਪ) ਦਾ ਰਸਤਾ ਵਿਖਾਲ ਦਿੱਤਾ ਹੈ, ਉਸ ਗੁਰੂ ਦੇ ਅੱਗੇ ਮੈਂ ਆਪਣਾ ਤਨ ਕੱਟ ਕੇ ਭੇਟਾ ਕਰ ਰਹੀ ਹਾਂ (ਆਪਣਾ ਆਪ ਗੁਰੂ ਦੇ ਹਵਾਲੇ ਕਰ ਰਹੀ ਹਾਂ) । ੨ ।

ਕੋਈ ਆਣਿ ਸਦੇਸਾ ਦੇਇ ਪ੍ਰਭ ਕੇਰਾ ਰਿਦ ਅੰਤਰਿ ਮਨਿ ਤਨਿ ਮੀਠ ਲਗਈਆ ॥ ਮਸਤਕੁ ਕਾਟਿ ਦੇਉ ਚਰਣਾ ਤਲਿ ਜੋ ਹਰਿ ਪ੍ਰਭੁ ਮੇਲੇ ਮੇਲਿ ਮਿਲਈਆ ॥ ੩ ॥ ਚਲੁ ਚਲੁ ਸਖੀ ਹਮ ਪ੍ਰਭੁ ਪਰਬੋਧਹ ਗੁਣ ਕਾਮਣ ਕਰਿ ਹਰਿ ਪ੍ਰਭੁ ਲਹੀਆ॥ ਭਗਤਿ ਵਛਲੁ ਉਆ ਕੋ ਨਾਮੁ ਕਹੀਅਤੁ ਹੈ ਸਰਣਿ ਪ੍ਰਭੂ ਤਿਸੁ ਪਾਛੈ ਪਈਆ ॥ ੪ ॥ [੮੩੬]

ਪਦ ਅਰਥ :—ਆਨਿ ਸਦੇਸਾ—ਸੁਨੇਹਾ ਲਿਆ ਕੇ। ਦੇਇ—ਦੇਂਦਾ ਹੈ । ਕੇਰਾ—ਦਾ। ਰਿਦ ਅੰਤਰਿ—ਹਿਰਦੇ ਵਿਚ। ਮਨਿ—ਮਨ ਵਿਚ। ਤਨਿ—ਤਨ ਵਿਚ। ਲਗਈਆ—ਲੱਗਦਾ ਹੈ। ਮਸਤਕੁ—ਮੱਥਾ, ਸਿਰ। ਕਾਟਿ—ਕੱਟ ਕੇ। ਦੇਉ—ਦੇਉਂ, ਮੈਂ ਦੇਂਦਾ ਹਾਂ। ਤਲਿ—ਹੇਠ। ੩ ।

ਚਲੁ—ਆ ਤੁਰ। ਸਖੀ—ਹੇ ਸਹੇਲੀ ! ਪ੍ਰਭੁ ਪਰਬੋਧਹ—ਅਸੀ ਪ੍ਰਭੂ (ਦੇ ਪਿਆਰ) ਨੂੰ ਜਗਾਈਏ, ਟੁੰਬੀਏ, ਹਿਲੂਣਾ ਦੇਈਏ। ਕਾਮਣ—ਟੂਣੇ, ਉਹ ਗੀਤ ਜੋ ਜੰਞ ਦੇ ਢੁਕਾ ਵੇਲੇ ਕੁੜੀਆਂ ਨਵੇਂ ਲਾੜੇ ਨੂੰ ਵੱਸ ਵਿਚ ਕਰਨ ਵਾਸਤੇ ਗਾਂਦੀਆਂ ਹਨ। ਕਰਿ—ਕਰ ਕੇ। ਲਹੀਆ—ਲੱਭ ਲਈਏ । ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ । ਕਹੀਅਤੁ—ਕਿਹਾ ਜਾਂਦਾ ਹੈ। ਉਆ ਕੋ—ਉਸ ਦਾ। ੪ ।

ਅਰਥ :—ਹੇ ਭਾਈ ! (ਹੁਣ ਜੇ) ਕੋਈ ਪ੍ਰਭੂ ਦਾ ਸੁਨੇਹਾ ਲਿਆ ਕੇ (ਮੈਨੂੰ) ਦੇਂਦਾ ਹੈ, ਤਾਂ ਉਹ ਮੇਰੇ ਹਿਰਦੇ ਵਿਚ ਮੇਰੇ ਮਨ ਵਿਚ ਮੇਰੇ ਤਨ ਵਿਚ ਪਿਆਰਾ ਲੱਗਦਾ ਹੈ। ਹੇ ਭਾਈ ! ਜਿਹੜਾ ਕੋਈ ਸੱਜਣ ਮੈਨੂੰ ਪ੍ਰਭੂ ਮਿਲਾਂਦਾ ਹੈ, ਮੈਂ ਆਪਣਾ ਸਿਰ ਕੱਟ ਕੇ ਉਸ ਦੇ ਪੈਰਾਂ ਹੇਠ ਰੱਖਣ ਨੂੰ ਤਿਆਰ ਹਾਂ। ੩ ।

ਹੇ ਸਖੀ ! ਆ ਤੁਰ, ਹੇ ਸਖੀ ! ਆ ਤੁਰ, ਅਸੀ (ਰਲ ਕੇ) ਪ੍ਰਭੂ (ਦੇ ਪਿਆਰ)

ਨੂੰ ਹਿਲੂਣਾ ਦੇਈਏ, (ਆਤਮਕ) ਗੁਣਾਂ ਦੇ ਕਾਮਣ ਪਾ ਕੇ ਉਸ ਪ੍ਰਭੂ-ਪਤੀ ਨੂੰ ਵੱਸ ਵਿਚ ਕਰੀਏ। 'ਭਗਤੀ ਨਾਲ ਪਿਆਰ ਕਰਨ ਵਾਲਾ'—ਇਹ ਉਸ ਦਾ ਨਾਮ ਕਿਹਾ ਜਾਂਦਾ ਹੈ (ਹੇ ਸਖੀ ! ਆ) ਉਸ ਦੀ ਸਰਨ ਪੈ ਜਾਈਏ, ਉਸ ਦੇ ਦਰ ਤੇ ਡਿੱਗ ਪਈਏ। ੪।

ਖਿਮਾ ਸੀਗਾਰ ਕਰੇ ਪ੍ਰਭ ਖੁਸੀਆ ਮਨਿ ਦੀਪਕ ਗੁਰ ਗਿਆਨੁ ਬਲਈਆ ॥ ਰਸਿ ਰਸਿ ਭੋਗ ਕਰੇ ਪ੍ਰਭੁ ਮੇਰਾ ਹਮ ਤਿਸੁ ਆਗੈ ਜੀਉ ਕਟਿ ਕਟਿ ਪਈਆ॥੫॥ ਹਰਿ ਹਰਿ ਹਾਰੁ ਕੰਠਿ ਹੈ ਬਨਿਆ ਮਨੁ ਮੋਤੀਚੂਰੁ ਵਡ ਗਹਨ ਗਹਨਈਆ ॥ ਹਰਿ ਹਰਿ ਸਰਧਾ ਸੇਜ ਵਿਛਾਈ ਪ੍ਰਭੁ ਛੋਡਿ ਨ ਸਕੈ ਬਹੁਤੁ ਮਨਿ ਭਈਆ ॥੬॥ [੮੩੬]

ਪਦ ਅਰਥ :—ਖਿਮਾ—ਕਿਸੇ ਦੀ ਵਧੀਕੀ ਨੂੰ ਸਹਾਰਨ ਦਾ ਸੁਭਾਉ। ਸੀਗਾਰ—ਸਿੰਗਾਰ, ਸਜਾਵਟ। ਮਨਿ—ਮਨ ਵਿਚ। ਦੀਪਕ—ਦੀਵਾ। ਗਿਆਨੁ—ਆਤਮਕ ਜੀਵਨ ਦੀ ਸੂਝ। ਬਲਈਆ—ਬਾਲਦੀ ਹੈ, ਜਗਾਂਦੀ ਹੈ। ਰਸਿ ਰਸਿ—ਬੜੇ ਸੁਆਦ ਨਾਲ। ਭੋਗ ਕਰੇ—ਮਿਲਾਪ ਮਾਣਦਾ ਹੈ। ਜੀਉ—ਜਿੰਦ। ਕਟਿ ਕਟਿ—ਮੁੜ ਮੁੜ ਕੱਟ ਕੇ। ੫।

ਕੰਠਿ—ਗਲ ਵਿਚ। ਮੋਤੀਚੂਰੁ—ਸਿਰ ਦਾ ਇਕ ਗਹਿਣਾ। ਗਹਨ—ਗਹਿਣੇ। ਮਨਿ—ਮਨ ਵਿਚ। ਭਈਆ—ਪਿਆਰਾ ਲੱਗਦਾ ਹੈ। ੬।

ਅਰਥ:—ਹੇ ਸਹੇਲੀਏ ! ਜਿਹੜੀ ਜੀਵ-ਇਸਤ੍ਰੀ ਖਿਮਾ ਵਾਲੇ ਸੁਭਾਵ ਨੂੰ ਆਪਣੇ ਆਤਮਕ ਜੀਵਨ ਦੀ ਸਜਾਵਟ ਬਣਾਂਦੀ ਹੈ, ਜਿਹੜੀ ਆਪਣੇ ਮਨ ਵਿਚ ਗੁਰੂ ਤੋਂ ਮਿਲੀ ਆਤਮਕ ਜੀਵਨ ਦੀ ਸੂਝ (ਦਾ) ਦੀਵਾ ਜਗਾਂਦੀ ਹੈ, ਪ੍ਰਭੂ-ਪਤੀ ਉਸ ਉਤੇ ਪ੍ਰਸੰਨ ਹੋ ਜਾਂਦਾ ਹੈ। ਪ੍ਰਭੂ ਉਸ ਦੇ ਆਤਮਕ ਮਿਲਾਪ ਨੂੰ ਬੜੇ ਆਨੰਦ ਨਾਲ ਮਾਣਦਾ ਹੈ। ਹੇ ਸਹੇਲੀ ! ਮੈਂ ਉਸ ਪ੍ਰਭੂ-ਪਤੀ ਦੇ ਅੱਗੇ ਆਪਣੀ ਜਿੰਦ ਮੁੜ ਮੁੜ ਵਾਰਨੇ ਕਰਨ ਨੂੰ ਤਿਆਰ ਹਾਂ। ੫।

ਹੇ ਸਹੇਲੀਏ ! ਪਰਮਾਤਮਾ ਦੇ ਨਾਮ (ਦੀ ਸੁਆਸ ਸੁਆਸ ਯਾਦ) ਦਾ ਹਾਰ ਮੈਂ (ਆਪਣੇ) ਗਲ ਵਿਚ ਪਾ ਲਿਆ ਹੈ (ਯਾਦ ਦੀ ਬਰਕਤ ਨਾਲ ਸੁੰਦਰ ਹੋ ਚੁਕਿਆ ਆਪਣਾ) ਮਨ ਮੈਂ ਸਭ ਤੋਂ ਵੱਡਾ ਮੋਤੀਚੂਰ ਗਹਿਣਾ ਬਣਾ ਲਿਆ ਹੈ। ਹਰਿ-ਨਾਮ ਦੀ ਸਰਧਾ ਦੀ ਮੈਂ (ਆਪਣੇ ਹਿਰਦੇ ਵਿਚ) ਸੇਜ ਵਿਛਾ ਦਿੱਤੀ ਹੈ, ਮੇਰੇ ਮਨ ਵਿਚ ਉਹ ਪ੍ਰਭੂ-ਪਤੀ ਬਹੁਤ ਪਿਆਰਾ ਲੱਗ ਰਿਹਾ ਹੈ (ਹੁਣ ਮੈਨੂੰ ਯਕੀਨ ਹੈ ਕਿ ਉਹ) ਪ੍ਰਭੂ-ਪਤੀ ਮੈਨੂੰ ਛੱਡ ਨਹੀਂ ਸਕਦਾ। ੬।

ਕਹੈ ਪ੍ਰਭੁ ਅਵਰੁ ਅਵਰੁ ਕਿਛੁ ਕੀਜੈ ਸਭੁ ਬਾਦਿ ਸੀਗਾਰੁ ਫੋਕਟ ਫੋਕਟਈਆ ॥ ਕੀਓ ਸੀਗਾਰੁ ਮਿਲਣ ਕੈ ਤਾਈ ਪ੍ਰਭੁ ਲੀਓ ਸੁਹਾਗਨਿ

ਥੂਕ ਮੁਖਿ ਪਈਆ ॥੭॥ ਹਮ ਚੇਰੀ ਤੂ ਅਗਮ ਗੁਸਾਈ ਕਿਆ ਹਮ ਕਰਹ ਤੇਰੈ ਵਸਿ ਪਈਆ ॥ ਦਇਆ ਦੀਨ ਕਰਹੁ ਰਖਿ ਲੇਵਹੁ ਨਾਨਕ ਹਰਿ ਗੁਰ ਸਰਣਿ ਸਮਈਆ ॥੮॥੫॥ [ਪੰਨਾ ੮੩੬]

ਪਦ ਅਰਥ :–ਕੀਜੈ–ਕਰਦੇ ਰਹੀਏ। ਸਭੁ ਸੀਗਾਰੁ–ਸਾਰਾ ਸਿੰਗਾਰ । **ਫੋਕਟ** –ਫੋਕਾ, ਵਿਅਰਥ। ਮਿਲਣ ਕੈ ਤਾਈ–[ਤਾਈਂ] ਮਿਲਣ ਵਾਸਤੇ। ਲੀਓ ਸੁਹਾਗਨਿ–ਸੁਹਾਗਣ ਨੂੰ ਅਪਣੀ ਬਣਾ ਲਿਆ । ਮੁਖਿ–(ਨਿਰੇ ਸਿੰਗਾਰ ਕਰਨ ਵਾਲੀ ਦੇ) ਮੂੰਹ ਉੱਤੇ। ੭।

ਚੇਰੀ–ਚੇਰੀਆਂ, ਦਾਸੀਆਂ। ਅਗਮ–ਅਪਹੁੰਚ। ਗੁਸਾਈ–ਧਰਤੀ ਦਾ ਖਸਮ । ਕਿਆ ਹਮ ਕਰਹ–ਅਸੀ ਕੀਹ ਕਰ ਸਕਦੀਆਂ ਹਾਂ ? ਤੇਰੈ ਵਸਿ–ਤੇਰੇ ਵੱਸ ਵਿਚ । ਦੀਨ–ਗ਼ਰੀਬਾਂ ਉੱਤੇ।੮।

ਅਰਥ :–ਹੇ ਸਹੇਲੀਏ ! (ਜੇ) ਪ੍ਰਭੂ-ਪਤੀ ਕੁਝ ਹੋਰ ਆਖਦਾ ਰਹੇ, ਤੇ, (ਜੀਵ-ਇਸਤ੍ਰੀ) ਕੁਝ ਹੋਰ ਕਰਦੀ ਰਹੇ, ਤਾਂ (ਉਸ ਜੀਵ-ਇਸਤ੍ਰੀ ਦਾ) ਸਾਰਾ ਸਿੰਗਾਰ (ਸਾਰਾ ਧਾਰਮਿਕ ਉੱਦਮ) ਵਿਅਰਥ ਚਲਾ ਜਾਂਦਾ ਹੈ, ਬਿਲਕੁਲ ਫੋਕਾ ਬਣ ਜਾਂਦਾ ਹੈ । (ਉਸ ਦੇ) ਮੂੰਹ ਉਤੇ ਤਾਂ ਥੁੱਕਾਂ ਹੀ ਪਈਆਂ, ਉਸ ਪ੍ਰਭੂ ਨੇ ਤਾਂ (ਕਿਸੇ ਹੋਰ) ਸੁਹਾਗਣ ਨੂੰ ਆਪਣੀ ਬਣਾ ਲਿਆ।੭।

ਹੇ ਪ੍ਰਭੂ ! ਅਸੀ ਤੇਰੀਆਂ ਦਾਸੀਆਂ ਹਾਂ, ਤੂੰ ਅਪਹੁੰਚ ਤੇ ਧਰਤੀ ਦਾ ਖਸਮ ਹੈਂ। ਅਸੀ ਜੀਵ-ਇਸਤ੍ਰੀਆਂ (ਤੇਰੇ ਹੁਕਮ ਤੋਂ ਬਾਹਰ) ਕੁਝ ਨਹੀਂ ਕਰ ਸਕਦੀਆਂ, ਅਸੀ ਤਾਂ ਸਦਾ ਤੇਰੇ ਵੱਸ ਵਿਚ ਹਾਂ। ਹੇ ਨਾਨਕ ! (ਆਖ–) ਹੇ ਹਰੀ ! ਅਸਾਂ ਕੰਗਾਲਾਂ ਉਤੇ ਮਿਹਰ ਕਰ, ਸਾਨੂੰ ਆਪਣੇ ਚਰਨਾਂ ਵਿਚ ਰੱਖ, ਸਾਨੂੰ ਗੁਰੂ ਦੀ ਸਰਨ ਵਿਚ ਸਮਾਈ ਦੇਈ ਰੱਖ।੮।੫।

ਬਿਲਾਵਲੁ ਮਹਲਾ ੪ ॥ ਮੈ ਮਨਿ ਤਨਿ ਪ੍ਰੇਮੁ ਅਗਮ ਠਾਕੁਰ ਕਾ ਖਿਨੁ ਖਿਨੁ ਸਰਧਾ ਮਨਿ ਬਹੁਤੁ ਉਠਈਆ॥ ਗੁਰ ਦੇਖੇ ਸਰਧਾ ਮਨ ਪੂਰੀ ਜਿਉ ਚਾਤ੍ਰਿਕ ਪ੍ਰਿਉ ਪ੍ਰਿਉ ਬੂੰਦ ਮੁਖਿ ਪਈਆ ॥੧॥ ਮਿਲੁ ਮਿਲੁ ਸਖੀ ਹਰਿ ਕਥਾ ਸੁਨਈਆ॥ਸਤਿਗੁਰੁ ਦਇਆ ਕਰੇ ਪ੍ਰਭੁ ਮੇਲੇ ਮੈ ਤਿਸੁ ਆਗੈ ਸਿਰੁ ਕਟਿ ਕਟਿ ਪਈਆ ॥ ੧ ॥ ਰਹਾਉ ॥ ਰੋਮਿ ਰੋਮਿ ਮਨਿ ਤਨਿ ਇਕ ਬੇਦਨ ਮੈ ਪ੍ਰਭ ਦੇਖੇ ਬਿਨੁ ਨੀਦ ਨ ਪਈਆ ॥ ਬੈਦਕ ਨਾਟਿਕ ਦੇਖਿ ਭੁਲਾਨੇ ਮੈ ਹਿਰਦੈ ਮਨਿ ਤਨਿ ਪ੍ਰੇਮ ਪੀਰ ਲਗਈਆ ॥੨॥ [੮੩੬]

ਪਦ ਅਰਥ:–ਮੈ ਮਨਿ–ਮੇਰੇ ਮਨ ਵਿਚ। ਮੈ ਤਨਿ–ਮੇਰੇ ਤਨ ਵਿਚ। ਅਗਮ–ਅਪਹੁੰਚ। ਸਰਧਾ–ਤਾਂਘ। ਸਰਧਾ ਮਨ–ਮਨ ਦੀ ਤਾਂਘ। ਚਾਤ੍ਰਿਕ ਮੁਖਿ–ਪਪੀਹੇ ਦੇ ਮੂੰਹ ਵਿਚ।੧।

ਸਖੀ–ਹੇ ਸਹੇਲੀਏ! ਕਥਾ–ਸਿਫ਼ਤਿ ਸਾਲਾਹ। ਸੁਨਈਆ–ਸੁਣੀਏ। ਮੇਲੇ–ਮਿਲਾਂਦਾ ਹੈ। ਮੈ ਸਿਰੁ–ਮੇਰਾ ਸਿਰ। ਪਈਆ–ਪੈਂਦਾ ਹੈ।੧। ਰਹਾਉ।

ਰੋਮਿ ਰੋਮਿ–ਹਰੇਕ ਰੋਮ ਵਿਚ। ਬੇਦਨ–ਬਿਰਹੋਂ ਦੀ ਪੀੜ। ਬੈਦਕ–ਹਕੀਮ। ਨਾਟਿਕ–ਨਾੜੀ, ਨਬਜ਼। ਦੇਖਿ–ਵੇਖ ਕੇ। ਪੀਰ–ਪੀੜ।੨।

ਅਰਥ:–ਹੇ ਸਹੇਲੀਏ! ਆ, ਇਕੱਠੀਆਂ ਬੈਠੀਏ, ਇਕੱਠੀਆਂ ਬੈਠੀਏ, (ਤੇ, ਬੈਠ ਕੇ) ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣੀਏ। ਜਿਸ ਉੱਤੇ ਗੁਰੂ ਮਿਹਰ ਕਰਦਾ ਹੈ, ਉਸ ਨੂੰ ਪ੍ਰਭੂ (ਨਾਲ) ਮਿਲਾ ਦੇਂਦਾ ਹੈ। ਉਸ (ਗੁਰੂ) ਅੱਗੇ ਮੇਰਾ ਸਿਰ ਮੁੜ ਮੁੜ ਕੁਰਬਾਨ ਹੁੰਦਾ ਹੈ।੧। ਰਹਾਉ।

ਹੇ ਸਹੇਲੀਏ! ਮੇਰੇ ਮਨ ਵਿਚ, ਮੇਰੇ ਤਨ ਵਿਚ, ਅਪਹੁੰਚ ਮਾਲਕ-ਪ੍ਰਭੂ ਦਾ ਪਿਆਰ ਪੈਦਾ ਹੋ ਚੁਕਾ ਹੈ, ਮੇਰੇ ਮਨ ਵਿਚ ਘੜੀ ਘੜੀ ਉਸ ਦੇ ਮਿਲਾਪ ਦੀ ਤੀਬਰ ਤਾਂਘ ਪੈਦਾ ਹੋ ਰਹੀ ਹੈ। ਹੇ ਸਹੇਲੀਏ! ਗੁਰੂ ਦਾ ਦਰਸ਼ਨ ਕਰ ਕੇ ਮਨ ਦੀ ਇਹ ਤਾਂਘ ਪੂਰੀ ਹੁੰਦੀ ਹੈ, ਜਿਵੇਂ 'ਪ੍ਰਿਉ ਪ੍ਰਿਉ' ਕੂਕਦੇ ਪਪੀਹੇ ਦੇ ਮੂੰਹ ਵਿਚ (ਵਰਖਾ ਦੀ) ਬੂੰਦ ਪੈ ਜਾਂਦੀ ਹੈ।੧।

ਹੇ ਸਹੇਲੀਏ! ਮੇਰੇ ਹਰੇਕ ਰੋਮ ਵਿਚ, ਮੇਰੇ ਮਨ ਵਿਚ, ਮੇਰੇ ਤਨ ਵਿਚ(ਪ੍ਰਭੂ ਤੋਂ ਵਿਛੋੜੇ ਦੀ) ਪੀੜ ਹੈ, ਪ੍ਰਭੂ ਦਾ ਦਰਸ਼ਨ ਕਰਨ ਤੋਂ ਬਿਨਾ ਮੈਨੂੰ ਸ਼ਾਂਤੀ ਨਹੀਂ ਹੁੰਦੀ। ਹਕੀਮ (ਮੇਰੀ) ਨਬਜ਼ ਵੇਖ ਕੇ (ਹੀ) ਗ਼ਲਤੀ ਖਾ ਜਾਂਦੇ ਹਨ, ਮੇਰੇ ਹਿਰਦੇ ਵਿਚ, ਮੇਰੇ ਮਨ ਵਿਚ, ਮੇਰੇ ਤਨ ਵਿਚ, ਤਾਂ ਪ੍ਰਭੂ-ਪਿਆਰ ਦੀ ਪੀੜ ਉਠ ਰਹੀ ਹੈ।੨।

ਹਉ ਖਿਨੁ ਪਲੁ ਰਹਿ ਨ ਸਕਉ ਬਿਨੁ ਪ੍ਰੀਤਮ ਜਿਉ ਬਿਨੁ ਅਮਲੈ ਅਮਲੀ ਮਰਿ ਗਈਆ ॥ਜਿਨ ਕਉ ਪਿਆਸ ਹੋਇ ਪ੍ਰਭ ਕੇਰੀ ਤਿਨ੍ ਅਵਰੁ ਨ ਭਾਵੈ ਬਿਨੁ ਹਰਿ ਕੋ ਦੁਈਆ ॥ ੩ ॥ ਕੋਈ ਆਨਿ ਆਨਿ ਮੇਰਾ ਪ੍ਰਭੂ ਮਿਲਾਵੈ ਹਉ ਤਿਸੁ ਵਿਟਹੁ ਬਲਿ ਬਲਿ ਘੁਮਿ ਗਈਆ ॥ ਅਨੇਕ ਜਨਮ ਕੇ ਵਿਛੁੜੇ ਜਨ ਮੇਲੇ ਜਾ ਸਤਿ ਸਤਿ ਸਤਿਗੁਰ ਸਰਣਿ ਪਵਈਆ ॥ ੪ ॥ [ਪੰਨਾ ੮੩੬]

ਪਦ ਅਰਥ:–ਹਉ–ਹਉਂ, ਮੈਂ। ਸਕਉ–ਸਕਉਂ। ਅਮਲ–ਨਸ਼ਾ। ਅਮਲੀ–ਨਸ਼ਈ ਮਨੁੱਖ। ਪਿਆਸ–ਤਾਂਘ। ਕੇਰੀ–ਦੀ। ਕੋ ਦੁਈਆ–ਕੋਈ ਦੂਜਾ।੩।

ਆਨਿ–ਆ ਕੇ। ਵਿਟਹੁ–ਤੋਂ। ਘੁਮਿ ਗਈਆ–ਸਦਕੇ ਜਾਂਦੀ ਹਾਂ।੪।

ਅਰਥ :—ਹੇ ਸਹੇਲੀਏ ! ਜਿਵੇਂ ਕੋਈ ਨਸ਼ਈ ਮਨੁੱਖ ਨਸ਼ੇ ਤੋਂ ਬਿਨਾ ਮਰਨ-ਹਾਕਾ ਹੋ ਜਾਂਦਾ ਹੈ, ਤਿਵੇਂ ਮੈਂ ਪ੍ਰੀਤਮ-ਪ੍ਰਭੂ ਦੇ ਮਿਲਾਪ ਤੋਂ ਬਿਨਾ ਇਕ ਖਿਨ ਇਕ ਪਲ ਭੀ ਨਹੀਂ ਰਹਿ ਸਕਦੀ। ਹੇ ਸਹੇਲੀਏ ! ਜਿਨ੍ਹਾਂ ਜੀਵ-ਇਸਤ੍ਰੀਆਂ ਨੂੰ ਪ੍ਰਭੂ-ਪਤੀ ਦੇ ਮਿਲਾਪ ਦੀ ਤਾਂਘ ਹੁੰਦੀ ਹੈ, ਉਹਨਾਂ ਨੂੰ ਪ੍ਰਭੂ ਤੋਂ ਬਿਨਾ ਕੋਈ ਹੋਰ ਦੂਜਾ ਚੰਗਾ ਨਹੀਂ ਲੱਗਦਾ। ੩।

ਹੇ ਸਹੇਲੀਏ ! ਜੇ ਕੋਈ ਆ ਕੇ ਮੈਨੂੰ ਮੇਰਾ ਪਿਆਰਾ ਪ੍ਰਭੂ ਮਿਲਾ ਦੇਵੇ, ਤਾਂ ਮੈਂ ਉਸ ਤੋਂ ਸਦਕੇ ਕੁਰਬਾਨ ਜਾਂਦੀ ਹਾਂ। ਹੇ ਸਹੇਲੀਏ ! ਜਦੋਂ ਸਤਿਗੁਰੂ ਦੀ ਸਰਨ ਪਈਦਾ ਹੈ, ਤਾਂ ਸਤਿਗੁਰੂ ਅਨੇਕਾਂ ਜਨਮਾਂ ਦੇ ਵਿਛੁੜਿਆਂ ਨੂੰ (ਪ੍ਰਭੂ ਨਾਲ) ਮਿਲਾ ਦੇਂਦਾ ਹੈ।੪।

ਸੇਜ ਏਕ ਏਕੋ ਪ੍ਰਭੁ ਠਾਕੁਰੁ ਮਹਲੁ ਨ ਪਾਵੈ ਮਨਮੁਖ ਭਰਮਈਆ॥ ਗੁਰੁ ਗੁਰੁ ਕਰਤ ਸਰਣਿ ਜੇ ਆਵੈ ਪ੍ਰਭੁ ਆਇ ਮਿਲੈ ਖਿਨੁ ਢੀਲ ਨ ਪਈਆ॥ ੫॥ ਕਰਿ ਕਰਿ ਕਿਰਿਆਚਾਰ ਵਧਾਏ ਮਨਿ ਪਾਖੰਡ ਕਰਮੁ ਕਪਟ ਲੋਭਈਆ॥ ਬੇਸੁਆ ਕੈ ਘਰਿ ਬੇਟਾ ਜਨਮਿਆ ਪਿਤਾ ਤਾਹਿ ਕਿਆ ਨਾਮੁ ਸਦਈਆ॥ ੬॥ [ਪੰਨਾ ੮੩੬]

ਪਦ ਅਰਥ :—ਸੇਜ—ਹਿਰਦੇ ਦੀ ਸੇਜ। ਮਹਲੁ—ਟਿਕਾਣਾ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ। ਭਰਮਈਆ—ਭਟਕਦੀ ਹੈ। ਕਰਤ—ਕਰਦਿਆਂ। ਆਇ—ਆ ਕੇ। ਢੀਲ—ਦੇਰ।੫।

ਕਰਿ—ਕਰ ਕੇ। ਕਰਿ ਕਰਿ—ਮੁੜ ਮੁੜ ਕਰ ਕੇ। ਕਿਰਿਆਚਾਰ—ਕਿਰਿਆ-ਆਚਾਰ, ਕਰਮ ਕਾਂਡ। ਮਨਿ—ਮਨ ਵਿਚ। ਪਾਖੰਡ—ਵਿਖਾਵਾ। ਕਪਟ—ਧੋਖਾ, ਵਲ-ਛਲ। ਬੇਸੁਆ—ਬਜ਼ਾਰੀ ਔਰਤ। ਕੈ ਘਰਿ—ਦੇ ਘਰ ਵਿਚ। ਤਾਹਿ ਪਿਤਾ ਨਾਮੁ—ਉਸ ਦੇ ਪਿਉ ਦਾ ਨਾਮ। ਕਿਆ ਸਦਈਆ—ਕੀਹ ਕਿਹਾ ਜਾ ਸਕਦਾ ਹੈ ? ੬।

ਅਰਥ :—ਹੇ ਸਹੇਲੀਏ ! (ਜੀਵ-ਇਸਤ੍ਰੀ ਦੀ) ਇਕੋ ਹਿਰਦਾ-ਸੇਜ ਹੈ ਜਿਸ ਉਤੇ ਠਾਕੁਰੁ-ਪ੍ਰਭੂ ਆਪ ਹੀ ਵੱਸਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੀ ਜੀਵ-ਇਸਤ੍ਰੀ (ਪ੍ਰਭੂ-ਪਤੀ ਦਾ) ਟਿਕਾਣਾ ਨਹੀਂ ਲੱਭ ਸਕਦੀ, ਉਹ ਭਟਕਦੀ ਹੀ ਫਿਰਦੀ ਹੈ। ਜੇ ਉਹ 'ਗੁਰੂ ਗੁਰੂ' ਕਰਦੀ ਗੁਰੂ ਦੀ ਸਰਨ ਆ ਪਏ, ਤਾਂ ਪ੍ਰਭੂ ਆ ਕੇ ਉਸ ਨੂੰ ਮਿਲ ਪੈਂਦਾ ਹੈ, ਰਤਾ ਭੀ ਚਿਰ ਨਹੀਂ ਲੱਗਦਾ। ੫।

ਪਰ ਜੇ ਕੋਈ ਮਨੁੱਖ (ਗੁਰੂ ਦਾ ਆਸਰਾ ਛੱਡ ਕੇ, ਹਰਿ-ਨਾਮ ਦਾ ਸਿਮਰਨ ਭੁਲਾ ਕੇ) ਮੁੜ ਮੁੜ (ਤੀਰਥ-ਜਾਤ੍ਰਾ ਆਦਿਕ ਦੇ ਮਿਥੇ ਹੋਏ ਧਾਰਮਿਕ ਕਰਮ) ਕਰ ਕੇ ਇਹਨਾਂ ਕਰਮ ਕਾਂਡੀ ਕਰਮਾਂ ਨੂੰ ਹੀ ਵਧਾਂਦਾ ਜਾਏ, ਤਾਂ ਉਸ ਦੇ ਮਨ ਵਿਚ ਲੋਭ ਵਲ-ਛਲ

ਵਿਖਾਵੇ ਆਦਿਕ ਦਾ ਕਰਮ ਹੀ ਟਿਕਿਆ ਰਹੇਗਾ (ਖਸਮ-ਪ੍ਰਭੂ ਦਾ ਮਿਲਾਪ ਨਹੀਂ ਹੋਵੇਗਾ)। ਬਜ਼ਾਰੀ ਔਰਤ ਦੇ ਘਰ ਜੇ ਪੁੱਤਰ ਜੰਮ ਪਏ, ਤਾਂ ਉਸ ਪੁੱਤਰ ਦੇ ਪਿਉ ਦਾ ਕੋਈ ਨਾਮ ਨਹੀਂ ਦੱਸਿਆ ਜਾ ਸਕਦਾ। ੬।

ਪੂਰਬ ਜਨਮਿ ਭਗਤਿ ਕਰਿ ਆਏ ਗੁਰਿ ਹਰਿ ਹਰਿ ਹਰਿ ਹਰਿ ਭਗਤਿ ਜਮਈਆ ॥ ਭਗਤਿ ਭਗਤਿ ਕਰਤੇ ਹਰਿ ਪਾਇਆ ਜਾ ਹਰਿ ਹਰਿ ਹਰਿ ਹਰਿ ਨਾਮਿ ਸਮਈਆ ॥੭॥ ਪ੍ਰਭਿ ਆਣਿ ਆਣਿ ਮਹਿੰਦੀ ਪੀਸਾਈ ਆਪੇ ਘੋਲਿ ਘੋਲਿ ਅੰਗਿ ਲਈਆ॥ ਜਿਨ ਕਉ ਠਾਕੁਰਿ ਕਿਰਪਾ ਧਾਰੀ ਬਾਹ ਪਕਰਿ ਨਾਨਕ ਕਢਿ ਲਈਆ ॥੮॥੬॥੯॥ [ਪੰਨਾ ੮੩੭]

ਪਦ ਅਰਥ :—ਪੂਰਬ ਜਨਮਿ—ਪਹਿਲੇ ਜਨਮ ਵਿਚ। ਕਰਿ—ਕਰ ਕੇ। ਆਏ—(ਮਨੁੱਖਾ ਜਨਮ ਵਿਚ) ਆ ਗਏ। ਗੁਰਿ—ਗੁਰੂ ਨੇ। ਭਗਤਿ ਜਮਈਆ—(ਪਰਮਾਤਮਾ ਦੀ) ਭਗਤੀ (ਦਾ ਬੀਜ ਉਹਨਾਂ ਦੇ ਅੰਦਰ) ਬੀਜ ਦਿੱਤਾ। ਕਰਤੇ—ਕਰਦਿਆਂ। ਭਗਤਿ ਭਗਤਿ ਕਰਤੇ—ਹਰ ਵੇਲੇ ਭਗਤੀ ਕਰਦਿਆਂ। ਨਾਮਿ—ਨਾਮ ਵਿਚ। ੭।

ਪ੍ਰਭਿ—ਪ੍ਰਭੂ ਨੇ। ਆਣਿ—ਲਿਆ ਕੇ। ਆਪੇ—ਆਪ ਹੀ। ਘੋਲਿ—ਘੋਲ ਕੇ। ਅੰਗਿ—ਸਰੀਰ ਉਤੇ। ਠਾਕੁਰਿ—ਠਾਕੁਰ ਨੇ। ਪਕਰਿ—ਫੜ ਕੇ। ੮।

ਅਰਥ :—ਹੇ ਭਾਈ! (ਜਿਹੜੇ ਮਨੁੱਖ) ਪੂਰਬਲੇ ਜਨਮ ਵਿਚ (ਪਰਮਾਤਮਾ ਦੀ) ਭਗਤੀ ਕਰ ਕੇ (ਹੁਣ ਮਨੁੱਖ ਜਨਮ ਵਿਚ) ਆਏ ਹਨ, ਗੁਰੂ ਨੇ (ਉਹਨਾਂ ਦੇ ਅੰਦਰ) ਹਰ ਵੇਲੇ ਭਗਤੀ ਕਰਨ ਦਾ ਬੀਜ ਬੀਜ ਦਿੱਤਾ ਹੈ। ਜਦੋਂ ਉਹ ਹਰ ਵੇਲੇ ਹਰਿ-ਨਾਮ ਸਿਮਰਦਿਆਂ ਸਿਮਰਦਿਆਂ ਹਰਿ-ਨਾਮ ਵਿਚ ਲੀਨ ਹੋ ਗਏ, ਤਦੋਂ ਹਰ ਵੇਲੇ ਭਗਤੀ ਕਰਦਿਆਂ ਉਹਨਾਂ ਨੂੰ ਪਰਮਾਤਮਾ ਦਾ ਮਿਲਾਪ ਹੋ ਗਿਆ। ੭।

(ਪਰ, ਹੇ ਭਾਈ! ਪਰਮਾਤਮਾ ਦੀ ਭਗਤੀ ਕਰਨਾ ਜੀਵਦੇ ਆਪਣੇ ਇਖ਼ਤਿਆਰ ਦੀ ਗੱਲ ਨਹੀਂ ਹੈ। ਇਹ ਘਾਲ-ਕਮਾਈ ਪ੍ਰਭੂ ਦੀ ਮਿਹਰ ਨਾਲ ਹੀ ਹੋ ਸਕਦੀ ਹੈ। ਪ੍ਰਭੂ ਦੀ ਭਗਤੀ ਕਰਨੀ, ਮਾਨੋ, ਮਹਿੰਦੀ ਨੂੰ ਪੀਸਣ ਸਮਾਨ ਹੈ। ਇਸਤ੍ਰੀ ਮਹਿੰਦੀ ਨੂੰ ਆਪ ਹੀ ਪੀਂਹਦੀ ਹੈ, ਆਪ ਹੀ ਘਸਾਂਦੀ ਹੈ, ਤੇ ਆਪ ਹੀ ਉਸ ਨੂੰ ਆਪਣੇ ਹੱਥਾਂ-ਪੈਰਾਂ ਤੇ ਲਾਂਦੀ ਹੈ। ਉਹ ਆਪ ਹੀ ਮਹਿੰਦੀ ਨੂੰ ਇਸ ਯੋਗ ਬਣਾਂਦੀ ਹੈ ਕਿ ਉਹ ਉਸ ਇਸਤ੍ਰੀ ਦੇ ਅੰਗਾਂ ਤੇ ਲੱਗ ਸਕੇ)। ਪ੍ਰਭੂ ਨੇ ਆਪ ਹੀ (ਜੀਵ ਦੇ ਮਨ ਨੂੰ ਆਪਣੇ ਚਰਨਾਂ ਵਿਚ) ਲਿਆ ਲਿਆ ਕੇ (ਭਗਤੀ ਕਰਨ ਦੀ) ਮਹਿੰਦੀ (ਜੀਵ ਪਾਸੋਂ) ਪਿਹਾਈ ਹੈ, ਫਿਰ ਆਪ ਹੀ ਉਸ ਦੀ ਭਗਤੀ-ਰੂਪ ਮਹਿੰਦੀ ਨੂੰ ਘੋਲ ਘੋਲ ਕੇ (ਰੰਗੀਲੀ ਪਿਆਰ-ਭਰੀ ਬਣਾ ਬਣਾ ਕੇ) ਆਪਣੇ ਚਰਨਾਂ ਵਿਚ ਉਸ ਨੂੰ ਜੋੜਿਆ ਹੈ। ਹੇ ਨਾਨਕ! (ਆਖ—ਹੇ ਭਾਈ!)

ਜਿਨ੍ਹਾਂ ਉਤੇ ਮਾਲਕ-ਪ੍ਰਭੂ ਨੇ ਮਿਹਰ ਕੀਤੀ, ਉਹਨਾਂ ਦੀ ਬਾਂਹ ਫੜ ਕੇ (ਉਹਨਾਂ ਨੂੰ ਸੰਸਾਰ-ਸਮੁੰਦਰ ਵਿਚੋਂ ਬਾਹਰ) ਕੱਢ ਲਿਆ । ੮ । ੬ । ੯ ।

ਗਿਣਤੀ ਦਾ ਵੇਰਵਾ :-

ਅਸਟਪਦੀਆਂ ਮ: ੧--੨

ਮ: ੩--੧

ਮ: ੪--੬

ਜੋੜ--੯

ਰਾਗੁ ਬਿਲਾਵਲੁ ਮਹਲਾ ੫ ਅਸਟਪਦੀ ਘਰੁ ੧੨

੧ ੴ ਸਤਿਗੁਰਪ੍ਰਸਾਦਿ ।। ਉਪਮਾ ਜਾਤ ਨ ਕਹੀ ਮੇਰੇ ਪ੍ਰਭ ਕੀ ਉਪਮਾ ਜਾਤ ਨ ਕਹੀ ।। ਤਜਿ ਆਨ ਸਰਣਿ ਗਹੀ ॥ ੧ ॥ ਰਹਾਉ ॥ ਪ੍ਰਭ ਚਰਨ ਕਮਲ ਅਪਾਰ ।। ਹਉ ਜਾਉ ਸਦ ਬਲਿਹਾਰ ।। ਮਨਿ ਪ੍ਰੀਤਿ ਲਾਗੀ ਤਾਹਿ ।। ਤਜਿ ਆਨ ਕਤਹਿ ਨ ਜਾਹਿ ।।੧।। ਹਰਿਨਾਮ ਰਸਨਾ ਕਹਨ ।। ਮਲ ਪਾਪ ਕਲਮਲ ਦਹਨ ।। ਚੜਿ ਨਾਵ ਸੰਤ ਉਧਾਰਿ ।। ਭੈ ਤਰੇ ਸਾਗਰ ਪਾਰਿ ।।੨।। ਮਨਿ ਡੋਰਿ ਪ੍ਰੇਮ ਪਰੀਤਿ ।। ਇਹ ਸੰਤ ਨਿਰਮਲ ਰੀਤਿ ।। ਤਜਿ ਗਏ ਪਾਪ ਬਿਕਾਰ ।। ਹਰਿ ਮਿਲੇ ਪ੍ਰਭ ਨਿਰੰਕਾਰ ।। ੩ ।। ਪ੍ਰਭ ਪੇਖੀਐ ਬਿਸਮਾਦ ।। ਚਖਿ ਅਨਦ ਪੂਰਨ ਸਾਦ ।। ਨਹ ਡੋਲੀਐ ਇਤ ਊਤ ।। ਪ੍ਰਭ ਬਸੇ ਹਰਿ ਹਰਿ ਚੀਤ ।। ੪ ।। [ਪੰਨਾ ੮੩੭]

ਪਦ ਅਰਥ :-ਉਪਮਾ-ਵਡਿਆਈ । ਜਾਤ ਨ ਕਹੀ-ਬਿਆਨ ਨਹੀਂ ਕੀਤੀ ਜਾ ਸਕਦੀ । ਤਜਿ-ਤਿਆਗ ਕੇ । ਆਨ-[ਅਨ੍ਯ] ਹੋਰ (ਆਸਰੇ) । ਗਹੀ-(ਮੈਂ) ਫੜੀ ਹੈ । ੧ । ਰਹਾਉ ।

ਪ੍ਰਭ ਅਪਾਰ-ਬੇਅੰਤ ਪ੍ਰਭੂ ਦੇ । ਹਉ-ਹਉਂ, ਮੈਂ । ਜਾਉ-ਜਾਉਂ, ਮੈਂ ਜਾਂਦਾ ਹਾਂ । ਸਦ-ਸਦਾ । ਮਨਿ-(ਜਿਨ੍ਹਾਂ ਦੇ) ਮਨ ਵਿਚ । ਤਾਹਿ-ਉਸ (ਪ੍ਰਭੂ) ਦੀ । ਆਨ ਕਤਹਿ-ਕਿਸੇ ਭੀ ਹੋਰ ਥਾਂ । ਜਾਹਿ-ਜਾਹਿਂ, ਜਾਂਦੇ [ਬਹੁ ਵਚਨ] । ੧ ।

ਰਸਨਾ-ਜੀਭ (ਨਾਲ) । ਕਹਨ-ਉਚਾਰਨਾ । ਕਲਮਲ-ਪਾਪ । ਦਹਨ-ਸਾੜਨਾ । ਨਾਵ-ਬੇੜੀ । ('ਹਰਿ ਨਾਮ ਕਹਨ' ਵਾਲੀ) ਬੇੜੀ । ਚੜਿ-ਚੜ੍ਹ ਕੇ । ਉਧਾਰਿ-(ਡੁੱਬਣ ਤੋਂ) ਬਚਾ ਲਏ ਗਏ । ਭੈ ਸਾਗਰ ਪਾਰਿ-ਭਿਆਨਕ (ਸੰਸਾਰ-) ਸਮੁੰਦਰ ਤੋਂ ਪਾਰ । ਤਰੇ-ਪਾਰ ਲੰਘ ਗਏ । ੨ ।

ਮਨਿ—ਮਨ ਵਿਚ। **ਡੋਰਿ**—ਡੋਰੀ, ਤਾਰ, ਲਗਨ। **ਨਿਰਮਲ ਰੀਤਿ**—ਪਵਿੱਤਰ ਕਰਨ ਵਾਲੀ ਮਰਯਾਦਾ। **ਨਿਰੰਕਾਰ**—ਆਕਾਰ-ਰਹਿਤ ਪ੍ਰਭੂ (ਨੂੰ)। ੩।

ਪੇਖੀਐ—ਵੇਖ ਸਕੀਦਾ ਹੈ, ਦਰਸ਼ਨ ਕਰ ਸਕੀਦਾ ਹੈ। **ਪ੍ਰਭੁ ਬਿਸਮਾਦ**—ਅਸਚਰਜ-ਰੂਪ ਪ੍ਰਭੂ (ਨੂੰ)। **ਚਖਿ**—ਚੱਖ ਕੇ। **ਸਾਦ**—ਸੁਆਦ। **ਆਨਦ ਪੂਰਨ ਸਾਦ**—ਪੂਰਨ ਆਨੰਦ-ਸਰੂਪ ਪ੍ਰਭੂ (ਦੇ ਨਾਮ-ਰਸ ਦਾ) ਸੁਆਦ। **ਨਹ ਡੋਲਿਐ**—ਨਹੀਂ ਡੋਲਦਾ। **ਇਤ**—ਇਸ ਲੋਕ ਵਿਚ। **ਊਤ**—ਪਰਲੋਕ ਵਿਚ। **ਚੀਤ**—ਚਿੱਤ ਵਿਚ। ੪।

ਅਰਥ :—ਹੇ ਭਾਈ ! ਪਿਆਰੇ ਪ੍ਰਭੂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ, (ਕਿਸੇ ਹਾਲਤ ਵਿਚ ਭੀ) ਬਿਆਨ ਨਹੀਂ ਕੀਤੀ ਜਾ ਸਕਦੀ। ਹੇ ਭਾਈ ! (ਮੈਂ ਤਾਂ) ਹੋਰ ਆਸਰੇ ਤਿਆਗ ਕੇ ਪ੍ਰਭੂ ਦਾ ਆਸਰਾ ਲਿਆ ਹੈ। ੧। ਰਹਾਉ।

ਹੇ ਭਾਈ ! ਮੈਂ (ਤਾਂ) ਸਦਾ ਬੇਅੰਤ ਪ੍ਰਭੂ ਦੇ ਸੋਹਣੇ ਚਰਨਾਂ ਤੋਂ ਸਦਕੇ ਜਾਂਦਾ ਹਾਂ। ਹੇ ਭਾਈ ! (ਜਿਨ੍ਹਾਂ ਮਨੁੱਖਾਂ ਦੇ) ਮਨ ਵਿਚ ਉਸ (ਪ੍ਰਭੂ) ਵਾਸਤੇ ਪਿਆਰ ਬਣ ਜਾਂਦਾ ਹੈ, (ਉਹ ਮਨੁੱਖ ਪ੍ਰਭੂ ਦਾ ਦਰ) ਛੱਡ ਕੇ ਕਿਸੇ ਭੀ ਹੋਰ ਥਾਂ ਨਹੀਂ ਜਾਂਦੇ। ੧।

ਹੇ ਭਾਈ ! ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਨਾ ਅਨੇਕਾਂ ਪਾਪਾਂ ਵਿਕਾਰਾਂ ਦੀ ਮੈਲ ਸਾੜਨ (ਦਾ ਕਾਰਨ ਬਣਦਾ) ਹੈ। (ਅਨੇਕਾਂ ਮਨੁੱਖ 'ਹਰਿ ਨਾਮ ਕਹਣ' ਵਾਲੀ) ਸੰਤ ਜਨਾਂ ਦੀ (ਇਸ) ਬੇੜੀ ਵਿਚ ਚੜ੍ਹ ਕੇ (ਵਿਕਾਰਾਂ ਵਿਚ ਡੁੱਬਣ ਤੋਂ) ਬਚਾ ਲਏ ਜਾਂਦੇ ਹਨ (ਹਰਿ-ਨਾਮ ਸਿਮਰਨ ਦੀ ਬੇੜੀ ਵਿਚ ਚੜ੍ਹ ਕੇ) ਭਿਆਨਕ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ।

ਹੇ ਭਾਈ ! (ਆਪਣੇ) ਮਨ ਵਿਚ(ਪ੍ਰਭੂ-ਚਰਨਾਂ ਵਾਸਤੇ)ਪਿਆਰ ਦੀ ਲਗਨ ਪੈਦਾ ਕਰਨੀ—ਸੰਤ ਜਨਾਂ ਦੀ ਦੱਸੀ ਹੋਈ ਇਹ (ਜੀਵਨ ਨੂੰ) ਪਵਿੱਤਰ ਕਰਨ ਵਾਲੀ ਮਰਯਾਦਾ ਹੈ। (ਜਿਹੜੇ ਮਨੁੱਖ ਇਹ ਲਗਨ ਪੈਦਾ ਕਰਦੇ ਹਨ,ਉਹ) ਸਾਰੇ ਪਾਪਾਂ ਵਿਕਾਰਾਂ ਦਾ ਸਾਥ ਛੱਡ ਜਾਂਦੇ ਹਨ, ਉਹ ਮਨੁੱਖ ਹਰਿ-ਪ੍ਰਭੂ ਨਿਰੰਕਾਰ ਨੂੰ ਜਾ ਮਿਲਦੇ ਹਨ। ੩।

ਹੇ ਭਾਈ ! ਪੂਰਨ ਆਨੰਦ-ਸਰੂਪ ਪ੍ਰਭੂ (ਦੇ ਨਾਮ-ਰਸ) ਦਾ ਸੁਆਸ ਚੱਖ ਕੇ ਅਸ-ਚਰਜ-ਰੂਪ ਪ੍ਰਭੂ ਦਾ ਦਰਸ਼ਨ ਕਰ ਸਕੀਦਾ ਹੈ। ਹੇ ਭਾਈ ! ਜੇ ਹਰਿ-ਪ੍ਰਭੂ ਜੀ ਹਿਰਦੇ ਵਿਚ ਵੱਸੇ ਰਹਿਣ, ਤਾਂ ਇਸ ਲੋਕ ਅਤੇ ਪਰਲੋਕ ਵਿਰ (ਵਿਕਾਰਾਂ ਦੇ ਹੱਲਿਆਂ ਦੇ ਸਾਹ-ਮਣੇ) ਘਬਰਾਹਟ ਨਹੀਂ ਹੁੰਦੀ। ੪।

ਤਿਨ੍ ਨਾਹਿ ਨਰਕ ਨਿਵਾਸੁ ॥ ਨਿਤ ਸਿਮਰਿ ਪ੍ਰਭ ਗੁਣਤਾਸੁ ॥ ਤੇ ਜਮੁ ਨ ਪੇਖਹਿ ਨੈਨ ॥ ਸੁਨਿ ਮੋਹੇ ਅਨਹਤ ਬੈਨ ॥ ੫ ॥ ਹਰਿ ਸਰਣਿ ਸੂਰ ਗੁਪਾਲ ॥ ਪ੍ਰਭ ਭਗਤ ਵਸਿ ਦਇਆਲ ॥ ਹਰਿ ਨਿਗਮ ਲਹਹਿ ਨ

ਭੇਵ ॥ ਨਿਤ ਕਰਹਿ ਮੁਨਿ ਜਨ ਸੇਵ ॥ ੬ ॥ ਦੂਖ ਦੀਨ ਦਰਦ ਨਿਵਾਰ॥ ਜਾ ਕੀ ਮਹਾ ਬਿਖੜੀ ਕਾਰ ॥ ਤਾ ਕੀ ਮਿਤਿ ਨ ਜਾਨੈ ਕੋਇ ॥ ਜਲਿ ਥਲਿ ਮਹੀਅਲਿ ਸੋਇ ॥ ੭ ॥ ਕਰਿ ਬੰਦਨਾ ਲਖ ਬਾਰ ॥ ਥਕਿ ਪਰਿਓ ਪ੍ਰਭ ਦਰਬਾਰ ॥ ਪ੍ਰਭ ਕਰਹੁ ਸਾਧੂ ਧੂਰਿ॥ ਨਾਨਕ ਮਨਸਾ ਪੂਰਿ ॥ ੮ ॥ ੧ ॥ [ਪੰਨਾ ੮੩੭]

ਪਦ ਅਰਥ :–ਸਿਮਰਿ–ਸਿਮਰ ਕੇ । ਗੁਣ ਤਾਸੁ–ਸਾਰੇ ਗੁਣਾਂ ਦਾ ਖ਼ਜ਼ਾਨਾ । ਤੇ–ਉਹ ਬੰਦੇ [ਬਹੁ ਵਚਨ] । ਨ ਪੇਖਹਿ–ਨ ਪੇਖਹਿਂ, ਨਹੀਂ ਵੇਖਦੇ । ਨੈਨ–ਅੱਖਾਂ ਨਾਲ । ਸੁਨਿ–ਸੁਣ ਕੇ । ਅਨਹਤ–ਇਕ-ਰਸ (ਵੱਜ ਰਹੀ) । ਬੈਨ–ਬੇਨ, ਬੰਸਰੀ ।੫।

ਸੂਰ–ਸੂਰਮਾ । ਭਗਤ ਵਸਿ–ਭਗਤਾਂ ਦੇ ਵੱਸ ਵਿਚ । ਹਰਿ ਭੇਵ-ਹਰੀ ਦਾ ਭੇਤ । ਨਿਗਮ–ਵੇਦ । ਕਰਹਿ–ਕਰਹਿਂ, ਕਰਦੇ ਹਨ । ਸੇਵ–ਸੇਵਾ-ਭਗਤੀ । ੬ ।

ਨਿਵਾਰ–ਦੂਰ ਕਰਨ ਵਾਲਾ । ਜਾ ਕੀ–ਜਿਸ (ਪਰਮਾਤਮਾ) ਦੀ । ਬਿਖੜੀ–ਔਖੀ । ਤਾ ਕੀ–ਉਸ (ਪਰਮਾਤਮਾ) ਦੀ । ਮਿਤਿ–ਮਾਪ, ਹੱਦ-ਬੰਨਾ । ਕੋਇ- ਕੋਈ ਭੀ ਜੀਵ । ਜਲਿ–ਜਲ ਵਿਚ । ਥਲਿ–ਧਰਤੀ ਵਿਚ । ਮਹੀਅਲਿ–ਮਹੀਤਲਿ, ਧਰਤੀ ਦੇ ਤਲ ਉੱਤੇ, ਪੁਲਾੜ ਵਿਚ, ਆਕਾਸ਼ ਵਿਚ । ੭ ।

ਕਰਿ–ਕਰੀਂ, ਮੈਂ ਕਰਦਾ ਹਾਂ । ਬੰਦਨਾ–ਨਮਸਕਾਰ । ਥਕਿ–ਥੱਕ ਕੇ, ਹਾਰ ਕੇ। ਪ੍ਰਭ–ਹੇ ਪ੍ਰਭੂ ! ਸਾਧੂ ਧੂਰਿ–ਸੰਤ ਜਨਾਂ ਦੇ ਚਰਨਾਂ ਦੀ ਧੂੜ । ਮਨਸਾ–[ਮਨੀਸ਼ਾ] ਮਨ ਦਾ ਫੁਰਨਾ । ਪੂਰਿ–ਪੂਰੀ ਕਰ । ੮ ।

ਅਰਥ :–ਹੇ ਭਾਈ ! (ਜਿਹੜੇ ਮਨੁੱਖ) ਗੁਣਾਂ ਦੇ ਖ਼ਜ਼ਾਨੇ ਪ੍ਰਭੂ ਦਾ ਸਿਮਰਨ ਕਰ ਕੇ ਉਸ ਨੂੰ ਸਦਾ (ਹਿਰਦੇ ਵਿਚ ਵਸਾਈ ਰੱਖਦੇ ਹਨ)ਉਹਨਾਂ ਨੂੰ ਨਰਕਾਂ ਦਾ ਨਿਵਾਸ ਨਹੀਂ ਮਿਲਦਾ । ਜਿਹੜੇ ਮਨੁੱਖ ਇਕ-ਰਸ (ਵੱਜ ਰਹੀ ਸਿਫ਼ਤਿ-ਸਾਲਾਹ ਦੀ) ਬੰਸਰੀ ਸੁਣ ਕੇ (ਉਸ ਵਿਚ) ਮਸਤ ਰਹਿੰਦੇ ਹਨ, ਉਹ (ਆਪਣੀਆਂ) ਅੱਖਾਂ ਨਾਲ ਜਮਰਾਜ ਨੂੰ ਨਹੀਂ ਵੇਖਦੇ (ਜਮਾਂ ਨਾਲ ਉਹਨਾਂ ਨੂੰ ਵਾਹ ਨਹੀਂ ਪੈਂਦਾ) । ੫ ।

ਹੇ ਭਾਈ ! ਦਇਆ ਦਾ ਸੋਮਾ ਪਰਮਾਤਮਾ (ਆਪਣੇ) ਭਗਤਾਂ ਦੇ ਵੱਸ ਵਿਚ ਰਹਿੰਦਾ ਹੈ, ਭਗਤ ਉਸ ਸੂਰਮੇ ਗੋਪਾਲ ਹਰੀ ਦੀ ਸਟਨ ਪਏ ਰਹਿੰਦੇ ਹਨ । ਹੇ ਭਾਈ ! ਵੇਦ (ਭੀ) ਉਸ ਹਰੀ ਦਾ ਭੇਤ ਨਹੀਂ ਪਾ ਸਕਦੇ, ਸਾਰੇ ਰਿਸ਼ੀ ਮੁਨੀ ਉਸ ਦੀ ਸੇਵਾ-ਭਗਤੀ ਸਦਾ ਕਰਦੇ ਹਨ । ੬ ।

ਹੇ ਭਾਈ ! ਜਿਸ (ਪਰਮਾਤਮਾ) ਦੀ (ਸੇਵਾ ਭਗਤੀ ਦੀ) ਕਾਰ ਬਹੁਤ ਔਖੀ ਹੈ ਉਹ (ਪਰਮਾਤਮਾ) ਗਰੀਬਾਂ ਦੇ ਦੁੱਖ-ਦਰਦ ਦੂਰ ਕਰਨ ਵਾਲਾ ਹੈ । ਕੋਈ ਮਨੁੱਖ ਉਸ

(ਦੀ ਹਸਤੀ) ਦਾ ਹੱਦ-ਬੰਨਾ ਨਹੀਂ ਜਾਣਦਾ। ਉਹ ਪ੍ਰਭੂ ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ ਆਪ ਹੀ ਮੌਜੂਦ ਹੈ।੭।

ਹੇ ਨਾਨਕ! (ਆਖ–) ਹੇ ਪ੍ਰਭੂ! (ਹੋਰ ਸਭਨਾਂ ਆਸਰਿਆਂ ਵਲੋਂ) ਹਾਰ ਕੇ ਮੈਂ ਤੇਰੇ ਦਰ ਤੇ ਆਇਆ ਹਾਂ, (ਤੇਰੇ ਹੀ ਦਰ ਤੇ) ਮੈਂ ਅਨੇਕਾਂ ਵਾਰੀ ਸਿਰ ਨਿਵਾਂਦਾ ਹਾਂ। ਮੈਨੂੰ (ਆਪਣੇ) ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਾਈ ਰੱਖ, ਮੇਰੀ ਇਹ ਤਾਂਘ ਪੂਰੀ ਕਰ।੮।੧।

ਬਿਲਾਵਲੁ ਮਹਲਾ ੫ ॥ ਪ੍ਰਭ ਜਨਮ ਮਰਨ ਨਿਵਾਰਿ ॥ ਹਾਰਿ ਪਰਿਓ ਦੁਆਰਿ ॥ ਗਹਿ ਚਰਨ ਸਾਧੂ ਸੰਗ ॥ ਮਨ ਮਿਸਟ ਹਰਿ ਹਰਿ ਰੰਗ ॥ ਕਰਿ ਦਇਆ ਲੇਹੁ ਲੜਿ ਲਾਇ ॥ ਨਾਨਕਾ ਨਾਮੁ ਧਿਆਇ ॥੧॥ ਦੀਨਾ ਨਾਥ ਦਇਆਲ ਮੇਰੇ ਸੁਆਮੀ ਦੀਨਾ ਨਾਥ ਦਇਆਲ ॥ ਜਾਚਉ ਸੰਤ ਰਵਾਲ ॥ ੧ ॥ ਰਹਾਉ ॥ ਸੰਸਾਰੁ ਬਿਖਿਆ ਕੂਪ ॥ ਤਮ ਅਗਿਆਨ ਮੋਹਤ ਘੂਪ ॥ ਗਹਿ ਭੁਜਾ ਪ੍ਰਭ ਜੀ ਲੇਹੁ ॥ ਹਰਿਨਾਮੁ ਅਪੁਨਾ ਦੇਹੁ ॥ ਪ੍ਰਭ ਤੁਝ ਬਿਨਾ ਨਹੀ ਠਾਉ ॥ ਨਾਨਕਾ ਬਲਿ ਬਲਿ ਜਾਉ ॥ ੨ ॥ [੮੩੭]

ਪਦ ਅਰਥ :–ਪ੍ਰਭ–ਹੇ ਪ੍ਰਭੂ! ਨਿਵਾਰਿ–ਦੂਰ ਕਰ। ਦੁਆਰਿ–(ਤੇਰੇ) ਦਰ ਤੇ। ਹਾਰਿ–ਹਾਰ ਕੇ, ਥੱਕ ਕੇ, (ਹੋਰ ਪਾਸਿਆਂ ਵਲੋਂ) ਆਸ ਲਾਹ ਕੇ। ਗਹਿ–ਫੜ ਕੇ। ਮਿਸਟ–ਮਿੱਠਾ। ਕਰਿ–ਕਰ ਕੇ। ਲੜਿ–ਪੱਲੇ ਨਾਲ। ਨਾਨਕਾ–ਹੇ ਨਾਨਕ! ੧।

ਦੀਨਾ ਨਾਥ–ਹੇ ਗਰੀਬਾਂ ਦੇ ਖਸਮ! ਦਇਆਲ–ਹੇ ਦਇਆ ਦੇ ਸੋਮੇ! ਜਾਚਉ –ਜਾਚਉਂ, ਮੈਂ ਮੰਗਦਾ ਹਾਂ। ਰਵਾਲ–ਚਰਨ-ਧੂੜ।੧। ਰਹਾਉ।

ਬਿਖਿਆ–ਮਾਇਆ। ਕੂਪ–ਖੂਹ। ਤਮ–ਹਨੇਰਾ। ਅਗਿਆਨ–ਆਤਮਕ ਜੀਵਨ ਵਲੋਂ ਬੇ-ਸਮਝੀ। ਤਮ ਘੂਪ–ਘੁੱਪ ਹਨੇਰਾ। ਮੋਹਤ–ਮੋਹ ਰਿਹਾ ਹੈ। ਗਹਿ–ਫੜ ਕੇ। ਭੁਜਾ–ਬਾਂਹ। ਠਾਉ–ਠਾਉਂ, ਥਾਂ ਆਸਰਾ। ਬਲਿ ਜਾਉ–ਬਲਿ ਜਾਉਂ, ਮੈਂ ਸਦਕੇ ਜਾਂਦਾ ਹਾਂ।੨।

ਅਰਥ :–ਹੇ ਗ਼ਰੀਬਾਂ ਦੇ ਖਸਮ! ਹੇ ਦਇਆ ਦੇ ਸੋਮੇ! ਹੇ ਮੇਰੇ ਸੁਆਮੀ! ਹੇ ਦੀਨਾ ਨਾਥ! ਹੇ ਦਇਆਲ! ਮੈ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ।੧। ਰਹਾਉ।

ਹੇ ਨਾਨਕ! ਪ੍ਰਭੂ ਦਾ ਨਾਮ ਸਿਮਰਿਆ ਕਰ (ਅਤੇ ਬੇਨੇਤੀ ਕਰਿਆ ਕਰ–) ਹੇ ਪ੍ਰਭੂ! (ਮੇਰਾ) ਜਨਮ ਮਰਨ (ਦਾ ਗੇੜ) ਮੁਕਾ ਦੇਹ, ਮੈਂ (ਹੋਰ ਪਾਸਿਆਂ ਵਲੋਂ) ਆਸ ਲਾਹ ਕੇ ਤੇਰੇ ਦਰ ਤੇ ਆ ਡਿੱਗਾ ਹਾਂ। (ਮਿਹਰ ਕਰ) ਤੇਰੇ ਸੰਤ ਜਨਾਂ ਦੇ ਚਰਨ ਫੜ ਕੇ

(ਤੇਰੇ ਸੰਤ ਜਨਾਂ ਦਾ) ਪੱਲਾ ਫੜ ਕੇ,ਮੇਰੇ ਮਨ ਨੂੰ,ਹੇ ਹਰੀ ! ਤੇਰਾ ਪਿਆਰ ਮਿੱਠਾ ਲੱਗਦਾ ਰਹੇ। ਮਿਹਰ ਕਰ ਕੇ ਮੈਨੂੰ ਆਪਣੇ ਲੜ ਨਾਲ ਲਾ ਲੈ। ੧।

ਹੇ ਨਾਨਕ ! (ਪ੍ਰਭੂ ਦੇ ਦਰ ਤੇ ਅਰਦਾਸ ਕਰ, ਤੇ, ਆਖ–) ਹੇ ਪ੍ਰਭੂ ! ਮੈਂ (ਤੇਰੇ ਨਾਮ ਤੋਂ) ਸਦਕੇ ਜਾਂਦਾ ਹਾਂ, ਕੁਰਬਾਨ ਜਾਂਦਾ ਹਾਂ। ਤੈਥੋਂ ਬਿਨਾ ਮੇਰਾ ਕੋਈ ਹੋਰ ਆਸਰਾ ਨਹੀਂ ਹੈ। ਹੇ ਪ੍ਰਭੂ ! ਮੈਨੂੰ ਆਪਣਾ ਨਾਮ ਬਖ਼ਸ਼। ਇਹ ਜਗਤ ਮਾਇਆ (ਦੇ ਮੋਹ) ਦਾ ਖੂਹ ਹੈ, ਆਤਮਕ ਜੀਵਨ ਵਲੋਂ ਬੇ-ਸਮਝੀ ਦਾ ਘੁੱਪ ਹਨੇਰਾ(ਮੈਨੂੰ)ਮੋਹ ਰਿਹਾ ਹੈ। (ਮੇਰੀ) ਬਾਂਹ ਫੜ ਕੇ (ਮੈਨੂੰ) ਬਚਾ ਲੈ। ੨।

ਲੋਭਿ ਮੋਹਿ ਬਾਧੀ ਦੇਹ ॥ ਬਿਨੁ ਭਜਨੁ ਹੋਵਤ ਖੇਹ ॥ ਜਮਦੂਤ ਮਹਾ ਭਇਆਨ ॥ ਚਿਤ ਗੁਪਤ ਕਰਮਹਿ ਜਾਨ ॥ ਦਿਨੁ ਰੈਨਿ ਸਾਖਿ ਸੁਨਾਇ ॥ ਨਾਨਕਾ ਹਰਿ ਸਰਨਾਇ ॥ ੩ ॥ ਭੈਭੰਜਨਾ ਮੁਰਾਰਿ ॥ ਕਰਿ ਦਇਆ ਪਤਿਤ ਉਧਾਰਿ ॥ ਮੇਰੇ ਦੋਖ ਗਨੇ ਨ ਜਾਹਿ ॥ ਹਰਿ ਬਿਨਾ ਕਤਹਿ ਸਮਾਹਿ॥ ਗਹਿ ਓਟ ਚਿਤਵੀ ਨਾਥ ॥ ਨਾਨਕਾ ਦੇ ਰਖੁ ਹਾਥ ॥ ੪ ॥ ਹਰਿ ਗੁਣ ਨਿਧੇ ਗੋਪਾਲ ॥ ਸਰਬ ਘਟ ਪ੍ਰਤਿਪਾਲ ॥ ਮਨਿ ਪ੍ਰੀਤਿ ਦਰਸਨ ਪਿਆਸ॥ ਗੋਬਿੰਦ ਪੂਰਨ ਆਸ ॥ ਇਕ ਨਿਮਖ ਰਹਨੁ ਨ ਜਾਇ ॥ ਵਡ ਭਾਗਿ ਨਾਨਕ ਪਾਇ ॥ ੫ ॥ [ਪੰਨਾ ੮੩੮]

ਪਦ ਅਰਥ :-ਲੋਭਿ–ਲੋਭ ਨਾਲ, ਲੋਭ ਵਿਚ। ਮੋਹਿ–ਮੋਹ ਨਾਲ, ਮੋਹ ਵਿਚ। ਦੇਹ–ਸਰੀਰ। ਖੇਹ–ਮਿੱਟੀ, ਸੁਆਹ। ਭਇਆਨ–ਭਿਆਨਕ, ਡਰਾਵਣੇ। ਚਿਤ ਗੁਪਤ–ਚਿੱਤ੍ਰ ਗੁਪਤ। ਕਰਮਹਿ–(ਮੇਰੇ) ਕਰਮਾਂ ਨੂੰ। ਰੈਨਿ–ਰਾਤ। ਸਾਖਿ–ਗਵਾਹੀ। ਸੁਨਾਇ–ਸੁਣਾ ਕੇ। ਹਰਿ–ਹੇ ਹਰੀ ! ੩।

ਭੈ–[ਲਫ਼ਜ਼'ਭਉ' ਤੋਂ ਬਹੁ ਵਚਨ] ਸਾਰੇ ਡਰ। ਮੁਰਾਰਿ–ਹੇ ਪ੍ਰਭੂ ! ਭੈ ਭੰਜਨਾ–ਹੇ ਸਾਰੇ ਡਰ ਨਾਸ ਕਰਨ ਵਾਲੇ ! ਕਰਿ–ਕਰ ਕੇ। ਪਤਿਤ–ਵਿਕਾਰੀ। ਉਧਾਰਿ–ਬਚਾ ਲੈ। ਦੋਖ–ਐਬ, ਪਾਪ। ਕਤਹਿ–ਹੋਰ ਕਿੱਥੇ ? ਸਮਾਹਿ–ਸਮਾ ਸਕਦੇ ਹਨ, ਮੁਆਫ਼ ਹੋ ਸਕਦੇ ਹਨ। ਗਹਿ–ਫੜ ਲੈ (ਮੇਰੀ ਬਾਂਹ)। ਓਟ–ਆਸਰਾ। ਚਿਤਵੀ–(ਮੈਂ) ਸੋਚੀ ਹੈ। ਨਾਥ–ਹੇ ਨਾਥ ! ਦੇ ਹਾਥ–ਹੱਥ ਦੇ ਕੇ। ੪।

ਗੁਣ ਨਿਧੇ–ਹੇ ਗੁਣਾਂ ਦੇ ਖ਼ਜ਼ਾਨੇ ! ਗੋਪਾਲ–ਹੇ। ਸ੍ਰਿਸ਼ਟੀ ਦੇ ਪਾਲਣਹਾਰ ! ਘਟ–ਸਰੀਰ। ਪ੍ਰਤਿਪਾਲ–ਹੇ ਪਾਲਣ ਵਾਲੇ ! ਮਨਿ–(ਮੇਰੇ) ਮਨ ਵਿਚ। ਪਿਆਸ–ਤਾਂਘ। ਪੂਰਨ ਆਸ–ਆਸ ਪੂਰੀ ਕਰ। ਨਿਮਖ–[ਨਿਸੇਸ਼] ਅੱਖ ਝਮਕਣ ਜਿਤਨਾ ਸਮਾ। ਵਡ ਭਾਗਿ–ਵ੍ਡੀ ਕਿਸਮਤ ਨਾਲ। ਪਾਇ–(ਤੇਰਾ ਮਿਲਾਪ) ਹਾਸਲ ਕਰ ਸਕਦਾ ਹੈ। ੫।

ਅਰਥ :–ਹੇ ਨਾਨਕ ! (ਆਖ–) ਹੇ ਹਰੀ ! ਮੈਂ ਤੇਰੀ ਸਰਨ ਆਇਆ ਹਾਂ। ਮੇਰਾ ਸਰੀਰ ਲੋਭ ਵਿਚ ਮੋਹ ਵਿਚ ਬੱਝਾ ਪਿਆ ਹੈ, (ਤੇਰਾ) ਭਜਨ ਕਰਨ ਤੋਂ ਬਿਨਾ ਮਿੱਟੀ ਹੁੰਦਾ ਜਾ ਰਿਹਾ ਹੈ। (ਮੈਨੂੰ) ਜਮਦੂਤ ਬੜੇ ਡਰਾਉਣੇ (ਲੱਗ ਰਹੇ ਹਨ)। ਚਿੱਤ੍ਰ ਗੁਪਤ (ਮੇਰੇ) ਕਰਮਾਂ ਨੂੰ ਜਾਣਦੇ ਹਨ। ਦਿਨ ਅਤੇ ਰਾਤ (ਇਹ ਭੀ ਮੇਰੇ ਕਰਮਾਂ ਦੀ) ਗਵਾਹੀ ਦੇ ਕੇ (ਇਹੀ ਕਹਿ ਰਹੇ ਹਨ ਕਿ ਮੈਂ ਮੰਦ-ਕਰਮੀ ਹਾਂ)। ੩।

ਹੇ ਨਾਨਕ ! (ਆਖ–) ਹੇ ਸਾਰੇ ਡਰਾਂ ਦੇ ਨਾਸ ਕਰਨ ਵਾਲੇ ਪ੍ਰਭੂ ! ਮਿਹਰ ਕਰ ਕੇ (ਮੈਨੂੰ) ਵਿਕਾਰੀ ਨੂੰ (ਵਿਕਾਰਾਂ ਤੋਂ) ਬਚਾ ਲੈ। ਮੇਰੇ ਵਿਕਾਰ ਗਿਣੇ ਨਹੀਂ ਜਾ ਸਕਦੇ। ਹੇ ਹਰੀ ! ਤੈਥੋਂ ਬਿਨਾ ਹੋਰ ਕਿਸੇ ਦਰ ਤੇ ਭੀ ਇਹ ਬਖ਼ਸ਼ੇ ਨਹੀਂ ਜਾ ਸਕਦੇ। ਹੇ ਨਾਥ ! ਮੈਂ ਤੇਰਾ ਆਸਰਾ ਹੀ ਸੋਚਿਆ ਹੈ, (ਮੇਰੀ ਬਾਂਹ) ਫੜ ਲੈ, (ਆਪਣਾ) ਹੱਥ ਦੇ ਕੇ ਮੇਰੀ ਰੱਖਿਆ ਕਰ। ੪।

ਹੇ ਨਾਨਕ ! (ਆਖ–)ਹੇ ਹਰੀ ! ਹੇ ਗੁਣਾਂ ਦੇ ਖ਼ਜ਼ਾਨੇ ! ਹੇ ਧਰਤੀ ਦੇ ਰੱਖਿਅਕ! ਹੇ ਸਭ ਸਰੀਰਾਂ ਦੇ ਪਾਲਣਹਾਰ ! ਹੇ ਗੋਬਿੰਦ ! (ਮੇਰੇ ਮਨ ਦੀ)ਆਸ ਪੂਰੀ ਕਰ,(ਮੇਰੇ) ਮਨ ਵਿਚ (ਤੇਰੀ) ਪ੍ਰੀਤ (ਬਣੀ ਰਹੇ, ਤੇਰੇ) ਦਰਸ਼ਨ ਦੀ ਤਾਂਘ(ਬਣੀ ਰਹੇ, ਤੇਰੇ ਦਰਸ਼ਨ ਤੋਂ ਬਿਨਾ ਮੈਥੋਂ) ਇਕ ਪਲ ਭਰ ਭੀ ਰਿਹਾ ਨਹੀਂ ਜਾ ਸਕਦਾ। ਵੱਡੀ ਕਿਸਮਤ ਨਾਲ ਹੀ ਕੋਈ (ਤੇਰਾ)ਮਿਲਾਪ ਪ੍ਰਾਪਤ ਕਰਦਾ ਹੈ। ੫।

ਪ੍ਰਭ ਤੁਝ ਬਿਨਾ ਨਹੀ ਹੋਰ ॥ ਮਨਿ ਪ੍ਰੀਤਿ ਚੰਦ ਚਕੋਰ ॥ ਜਿਉ ਮੀਨ ਜਲ ਸਿਉ ਹੇਤੁ ॥ ਅਲਿ ਕਮਲ ਭਿੰਨੁ ਨ ਭੇਤੁ ॥ ਜਿਉ ਚਕਵੀ ਸੂਰਜ ਆਸ ॥ ਨਾਨਕ ਚਰਨ ਪਿਆਸ ॥੬॥ [ਪੰਨਾ ੮੩੮]

ਪਦ ਅਰਥ :–ਪ੍ਰਭ–ਹੇ ਪ੍ਰਭੂ ! ਮਨਿ–(ਮੇਰੇ)ਮਨ ਵਿਚ। ਮੀਨ–ਮੱਛੀ। ਸਿਉ–ਨਾਲ। ਹੇਤੁ–ਪਿਆਰ। ਅਲਿ–ਭੌਰਾ। ਕਮਲ–ਕੌਲ ਫੁੱਲ। ਭਿੰਨੁ–ਵੱਖਰਾ। ਭੇਤੁ–ਵਿੱਥ। ਪਿਆਸ–ਤਾਂਘ। ਭਿੰਨੁ ਭੇਤੁ–ਫ਼ਰਕ। ੬।

ਅਰਥ :–ਹੇ ਨਾਨਕ ! (ਆਖ–) ਹੇ ਪ੍ਰਭੂ ! ਤੈਥੋਂ ਬਿਨਾ (ਮੇਰਾ ਕੋਈ) ਹੋਰ ਆਸਰਾ) ਨਹੀਂ ਹੈ। (ਮੇਰੇ) ਮਨ ਵਿਚ (ਤੇਰੇ ਚਰਨਾਂ ਦੀ) ਪ੍ਰੀਤ ਹੈ (ਜਿਵੇਂ) ਚਕੋਰ ਨੂੰ ਚੰਦ ਨਾਲ ਪਿਆਰ ਹੈ, ਜਿਵੇਂ ਮਛਲੀ ਦਾ ਪਾਣੀ ਨਾਲ ਪਿਆਰ ਹੈ, (ਜਿਵੇਂ) ਭੌਰ ਦਾ ਕੌਲ ਫੁੱਲ ਨਾਲੋਂ ਕੋਈ ਫ਼ਰਕ ਨਹੀਂ ਰਹਿ ਜਾਂਦਾ; ਜਿਵੇਂ ਚਕਵੀ ਨੂੰ ਸੂਰਜ (ਦੇ ਚੜ੍ਹਨ) ਦੀ ਉਡੀਕ ਲੱਗੀ ਰਹਿੰਦੀ ਹੈ, (ਇਸੇ ਤਰ੍ਹਾਂ, ਹੇ ਪ੍ਰਭੂ ! ਮੈਨੂੰ ਤੇਰੇ) ਚਰਨਾਂ ਦੀ ਤਾਂਘ ਹੈ। ੬।

ਜਿਉ ਤਰੁਨਿ ਭਰਤ ਪਰਾਨ ॥ ਜਿਉ ਲੋਭੀਐ ਧਨੁ ਦਾਨੁ ॥ ਜਿਉ ਦੂਧ ਜਲਹਿ ਸੰਜੋਗੁ ॥ ਜਿਉ ਮਹਾ ਖੁਧਿਆਰਥ ਭੋਗੁ ॥ ਜਿਉ ਮਾਤ ਪੂਤਹਿ

ਹੇਤੁ ॥ ਹਰਿ ਸਿਮਰਿ ਨਾਨਕ ਨੇਤ ॥ ੭ ॥ ਜਿਉ ਦੀਪ ਪਤਨ ਪਤੰਗ ॥ ਜਿਉ ਚੋਰੁ ਹਿਰਤ ਨਿਸੰਗ ॥ ਮੈਗਲਹਿ ਕਾਮੈ ਬੰਧੁ ॥ ਜਿਉ ਗ੍ਰਸਤ ਬਿਖਈ ਧੰਧੁ ॥ ਜਿਉ ਜੂਆਰ ਬਿਸਨੁ ਨ ਜਾਇ ॥ ਹਰਿ ਨਾਨਕ ਇਹੁ ਮਨੁ ਲਾਇ॥ ੮ ॥ [ਪੰਨਾ ੮੩੮]

ਪਦ ਅਰਥ :—ਤਰੁਨਿ—ਜੁਆਨ ਇਸਤ੍ਰੀ । ਭਰਤ—ਭਰਤਾ, ਖਸਮ । ਪਰਾਨ—ਜਿੰਦ-ਜਨ, ਬਹੁਤ ਪਿਆਰ । ਲੋਭੀਐ—ਲੋਭੀ ਨੂੰ,ਲਾਲਚੀ ਮਨੁੱਖ ਨੂੰ । ਦਾਨੁ—ਦਿੱਤਾ ਜਾਣਾ, ਪ੍ਰਾਪਤੀ । ਜਲਹਿ—ਪਾਣੀ ਨਾਲ । ਸੰਜੋਗੁ—ਮਿਲਾਪ । ਖੁਧਿਆਰਥ—ਭੁੱਖੇ ਨੂੰ । ਭੋਗੁ—ਭੋਜਨ । ਪੂਤਹਿ—ਪੁੱਤਰ ਨਾਲ । ਹੇਤੁ—ਪਿਆਰ । ਨੇਤ—ਨਿੱਤ, ਸਦਾ । ੭ ।

ਦੀਪ—ਦੀਵਾ । ਪਤਨ—ਡਿੱਗਣਾ [पत्-to fall] । ਪਤੰਗ—ਭੰਬਟ । ਹਿਰਤ—ਚੁਰਾਂਦਾ ਹੈ । ਨਿਸੰਗ—ਝਾਕਾ ਲਾਹ ਕੇ । ਮੈਗਲ—ਹਾਥੀ । ਕਾਮੈ ਬੰਦੁ—ਕਾਮ-ਵਾਸਨਾ ਦਾ ਮੇਲ । ਬੰਧੁ—ਸਨਬੰਧ, ਮੇਲ । ਗ੍ਰਸਤ—ਗ੍ਰਸਦਾ ਹੈ, ਕਾਬੂ ਕਰੀ ਰੱਖਦਾ ਹੈ । ਧੰਧੁ—(ਵਿਸ਼ਿਆਂ ਦਾ) ਧੰਧਾ । ਬਿਖਈ—ਵਿਸ਼ਈ (ਮਨੁੱਖ) ਨੂੰ । ਬਿਸਨੁ—[व्यसन] ਭੈੜੀ ਆਦਤ । ਲਾਇ—ਜੋੜ ਰੱਖ । ੮ ।

ਅਰਥ :—ਹੇ ਨਾਨਕ !(ਆਖ—ਹੇ ਭਾਈ) ਜਿਵੇਂ ਜੁਆਨ ਇਸਤ੍ਰੀ ਨੂੰ (ਆਪਣਾ) ਖਸਮ ਬਹੁਤ ਪਿਆਰਾ ਹੁੰਦਾ ਹੈ,ਜਿਵੇਂ ਲਾਲਚੀ ਮਨੁੱਖ ਨੂੰ ਧਨ-ਪ੍ਰਾਪਤੀ (ਤੋਂ ਖ਼ੁਸ਼ੀ ਹੁੰਦੀ ਹੈ), ਜਿਵੇਂ ਦੁੱਧ ਦਾ ਪਾਣੀ ਨਾਲ ਮਿਲਾਪ ਹੋ ਜਾਂਦਾ ਹੈ, ਜਿਵੇਂ ਬਹੁਤ ਭੁੱਖੇ ਨੂੰ ਭੋਜਨ (ਤ੍ਰਿਪਤ ਕਰਦਾ ਹੈ), ਜਿਵੇਂ ਮਾਂ ਦਾ ਪੁੱਤਰ ਨਾਲ ਪਿਆਰ ਹੁੰਦਾ ਹੈ,ਤਿਵੇਂ ਸਦਾ ਪਰਮਾ-ਤਮਾ ਨੂੰ (ਪਿਆਰ ਨਾਲ) ਸਿਮਰਿਆ ਕਰ । ੭ ।

ਹੇ ਨਾਨਕ ! (ਆਖ—ਹੇ ਭਾਈ !) ਜਿਵੇਂ (ਪ੍ਰੇਮ ਦੇ ਬੱਝੇ) ਭੰਬਟ ਦੀਵੇ ਉਤੇ ਡਿੱਗਦੇ ਹਨ, ਜਿਵੇਂ ਚੋਰ ਝਾਕਾ ਲਾਹ ਕੇ ਚੋਰੀ ਕਰਦਾ ਹੈ, ਜਿਵੇਂ ਹਾਥੀ ਦਾ ਕਾਮ-ਵਾਸਨਾ ਨਾਲ ਜੋੜ ਹੈ, ਜਿਵੇਂ (ਵਿਸ਼ਿਆਂ ਦਾ) ਧੰਧਾ ਵਿਸ਼ਈ ਮਨੁੱਖ ਨੂੰ ਗ੍ਰਸੀ ਰੱਖਦਾ ਹੈ, ਜਿਵੇਂ ਜੁਆਰੀਏ ਦੀ (ਜੂਆ ਖੇਡਣ ਦੀ) ਭੈੜੀ ਆਦਤ ਦੂਰ ਨਹੀਂ ਹੁੰਦੀ, ਤਿਵੇਂ (ਆਪਣੇ) ਇਸ ਮਨ ਨੂੰ (ਪ੍ਰਭੂ,ਚਰਨਾਂ ਵਿਚ ਪਿਆਰ ਨਾਲ) ਜੋੜੀ ਰੱਖੀਂ । ੮ ।

ਕੁਰੰਕ ਨਾਦੈ ਨੇਹੁ ॥ ਚਾਤ੍ਰਿਕੁ ਚਾਹਤ ਮੇਹੁ ॥ ਜਨ ਜੀਵਨਾ ਸਤਸੰਗਿ॥ ਗੋਬਿਦੁ ਭਜਨਾ ਰੰਗਿ ॥ ਰਸਨਾ ਬਖਾਨੈ ਨਾਮੁ ॥ ਨਾਨਕ ਦਰਸਨ ਦਾਨੁ ॥ ੯ ॥ ਗੁਨ ਗਾਇ ਸੁਨਿ ਲਿਖਿ ਦੇਇ ॥ ਸੋ ਸਰਬ ਫਲ ਹਰਿ ਲੇਇ ॥ ਕੁਲ ਸਮੂਹ ਕਰਤ ਉਧਾਰੁ ॥ ਸੰਸਾਰੁ ਉਤਰਸਿ ਪਾਰਿ॥ਹਰਿ ਚਰਨ ਬੋਹਿਥ ਤਾਹਿ॥

ਮਿਲਿ ਸਾਧ ਸੰਗਿ ਜਸੁ ਗਾਹਿ ॥ ਹਰਿ ਪੈਜ ਰਖੈ ਮੁਰਾਰਿ ॥ ਹਰਿ ਨਾਨਕ ਸਰਨਿ ਦੁਆਰਿ ॥ ੧੦ ॥ ੨ ॥ [ਪੰਨਾ ੮੩੮]

ਪਦ ਅਰਥ :–ਕੁਰੰਕ–ਹਰਨ। ਨਾਦੇ ਨੇਹੁ–ਨਾਦ ਦਾ ਪਿਆਰ। ਨਾਦ–ਖੱਲ ਨਾਲ ਮੜ੍ਹੇ ਹੋਏ ਘੜੇ ਦੀ ਆਵਾਜ਼। ਚਾਤ੍ਰਿਕੁ–ਪਪੀਹਾ। ਮੇਹੁ–ਮੀਂਹ। ਸਤਸੰਗਿ–ਸਤ ਸੰਗ ਵਿਚ। ਰੰਗਿ–ਪਿਆਰ ਵਿਚ। ਬਖਾਨੈ–ਉਚਾਰਦਾ ਹੈ। ਦਰਸਨ ਦਾਨੁ–ਦਰਸ਼ਨ ਦੀ ਦਾਤਿ। ੯।

ਗਾਇ–ਗਾ ਕੇ। ਸੁਨਿ–ਸੁਣ ਕੇ। ਲਿਖਿ–ਲਿਖ ਕੇ। ਦੇਇ–ਦੇਂਦਾ ਹੈ। ਸਰਬ ਫਲ ਹਰਿ–ਸਾਰੇ ਫਲ ਦੇਣ ਵਾਲਾ ਹਰੀ। ਲੇਇ–(ਮਿਲਾਪ) ਹਾਸਲ ਕਰਦਾ ਹੈ। ਕੁਲ ਸਮੂਹ–ਸਾਰੀਆਂ ਕੁਲਾਂ ਦਾ। ਉਧਾਰੁ–ਪਾਰ-ਉਤਾਰਾ। ਉਤਰਸਿ–ਪਾਰ ਲੰਘ ਜਾਂਦਾ ਹੈ। ਬੋਹਿਥ–ਜਹਾਜ਼। ਤਾਹਿ–ਉਹਨਾਂ ਵਾਸਤੇ। ਮਿਲਿ–ਮਿਲ ਕੇ। ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ। ਜਸੁ–ਸਿਫ਼ਤਿ-ਸਾਲਾਹ। ਗਾਹਿ–ਗਾਂਦੇ ਹਨ [ਬਹੁ ਵਚਨ]। ਪੈਜ–ਲਾਜ ਇੱਜ਼ਤ। ਦੁਆਰਿ–ਦਰ ਤੇ। ੧੦।

ਅਰਥ :–ਜਿਵੇਂ ਹਰਨ ਦਾ ਘੰਡੇਹੇੜੇ ਦੀ ਆਵਾਜ਼ ਨਾਲ ਪਿਆਰ ਹੁੰਦਾ ਹੈ, ਜਿਵੇਂ ਪਪੀਹਾ (ਹਰ ਵੇਲੇ) ਮੀਂਹ ਮੰਗਦਾ ਹੈ,ਤਿਵੇਂ, ਹੇ ਨਾਨਕ ! (ਪਰਮਾਤਮਾ ਦੇ)ਸੇਵਕ ਦਾ (ਸੁਖੀ) ਜੀਵਨ ਸਾਧ ਸੰਗਤਿ ਵਿਚ (ਹੀ ਹੁੰਦਾ) ਹੈ, ਸੇਵਕ ਪਿਆਰ ਨਾਲ ਪਰਮਾਤਮਾ (ਦੇ ਨਾਮ) ਨੂੰ ਜਪਦਾ ਹੈ, (ਆਪਣੀ) ਜੀਭ ਨਾਲ (ਪਰਮਾਤਮਾ ਦਾ) ਨਾਮ ਉਚਾਰਦਾ ਰਹਿੰਦਾ ਹੈ ਅਤੇ (ਪਰਮਾਤਮਾ ਦੇ) ਦਰਸ਼ਨ ਦੀ ਦਾਤਿ (ਮੰਗਦਾ ਰਹਿੰਦਾ ਹੈ)। ੯।

ਜਿਹੜਾ ਮਨੁੱਖ (ਪਰਮਾਤਮਾ ਦੇ) ਗੁਣ ਗਾ ਕੇ, ਸੁਣ ਕੇ, ਲਿਖ ਕੇ (ਇਹ ਦਾਤਿ ਹੋਰਨਾਂ ਨੂੰ ਭੀ) ਦੇਂਦਾ ਹੈ, ਉਹ ਮਨੁੱਖ ਸਾਰੇ ਫਲ ਦੇਣ ਵਾਲੇ ਪ੍ਰਭੂ ਦਾ ਮਿਲਾਪ ਪ੍ਰਾਪਤ ਕਰ ਲੈਂਦਾ ਹੈ, ਉਹ ਮਨੁੱਖ (ਆਪਣੀਆਂ) ਸਾਰੀਆਂ ਕੁਲਾਂ ਦਾ (ਹੀ) ਪਾਰ-ਉਤਾਰਾ ਕਰਾ ਲੈਂਦਾ ਹੈ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।

ਹੇ ਨਾਨਕ ! ਜਿਹੜੇ ਮਨੁੱਖ ਗੁਰੂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੇ ਗੀਤ ਗਾਂਦੇ ਰਹਿੰਦੇ ਹਨ,(ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਲਈ) ਪਰਮਾਤਮਾ ਦੇ ਚਰਨ ਉਹਨਾਂ ਵਾਸਤੇ ਜਹਾਜ਼ (ਦਾ ਕੰਮ ਦੇਂਦੇ) ਹਨ। ਮੁਰਾਰੀ ਪ੍ਰਭੂ ਉਹਨਾਂ ਦੀ ਲਾਜ ਰੱਖਦਾ ਹੈ, ਉਹ ਹਰੀ ਦੀ ਸਰਨ ਪਏ ਰਹਿੰਦੇ ਹਨ, ਉਹ ਹਰੀ ਦੇ ਦਰ ਤੇ ਟਿਕੇ ਰਹਿੰਦੇ ਹਨ। ੧੦। ੨।

ਬਿਲਾਵਲੁ ਮਹਲਾ ੧ ਥਿਤੀ ਘਰੁ ੧੦ ਜਤਿ
ੴ ਸਤਿਗੁਰਪ੍ਰਸਾਦਿ ॥ ਏਕਮ ਏਕੰਕਾਰੁ ਨਿਰਾਲਾ ॥ ਅਮਰੁ ਅਜੋਨੀ ਜਾਤਿ ਨ ਜਾਲਾ ॥ ਅਗਮ ਅਗੋਚਰੁ ਰੂਪੁ ਨ ਰੇਖਿਆ ॥ ਖੋਜਤ ਖੋਜਤ ਘਟਿ ਘਟਿ ਦੇਖਿਆ ॥ ਜੋ ਦੇਖਿ ਦਿਖਾਵੈ ਤਿਸ ਕਉ ਬਲਿ ਜਾਈ॥ ਗੁਰ ਪਰਸਾਦਿ ਪਰਮ ਪਦੁ ਪਾਈ ॥ ੧ ॥ [੮੩੮]

ਥਿਤੀ–ਥਿਤਾਂ (ਬਹੁ ਵਚਨ 'ਥਿਤਿ' ਤੋਂ)। ਥਿਤਿ–[—A lunar day] ਚੰਦ ਦੇ ਘਟਣ ਵਧਣ ਦੇ ਹਿਸਾਬ ਦਿਹਾੜੇ [ਨੋਟ ! ਪੂਰਨਮਾਸ਼ੀ ਨੂੰ ਚੰਦ ਵਾਲਾ ਮਹੀਨਾ ਪੂਰਾ ਹੋ ਜਾਂਦਾ ਹੈ। ਅਗਾਂਹ ਨਵਾਂ ਮਹੀਨਾ ਚੜ੍ਹਦਾ ਹੈ–ਵਦੀ ਏਕਮ ਦੂਜ ਤੀਜ ਆਦਿਕ]।

ਜਤਿ–ਜੋੜੀ ਵਜਾਣ ਦੀ ਇਕ ਗਤ।

ਪਦ ਅਰਥ :–ਏਕਮ–ਚੰਦ ਦੇ ਮਹੀਨੇ ਦੀ ਪਹਿਲੀ ਤਾਰੀਖ਼। ਨਿਰਾਲਾ–[ਨਿਰ੍-ਆਲਯ] ਜਿਸ ਦਾ ਕੋਈ ਖ਼ਾਸ ਘਰ ਨਹੀਂ। ਜਾਲਾ–ਜਾਲ,ਬੰਧਨ। ਅਗਮ–ਅਪਹੁੰਚ। ਅਗੋਚਰੁ–[ਅ-ਗੋ-ਚਰੁ। ਗੋ–ਗਿਆਨ-ਇੰਦ੍ਰੇ। ਚਰੁ–ਪਹੁੰਚ] ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ। ਰੂਪੁ–ਸ਼ਕਲ। ਰੇਖਿਆ–ਨਿਸ਼ਾਨ। ਘਟਿ ਘਟਿ–ਹਰੇਕ ਸਰੀਰ ਵਿਚ। ਜੋ–ਜੇਹੜਾ (ਗੁਰੂ)। ਬਲਿ ਜਾਈ–ਮੈਂ ਕੁਰਬਾਨ ਜਾਂਦਾ ਹਾਂ। ਪਰਮ ਪਦੁ–ਸਭ ਤੋਂ ਉੱਚਾ ਆਤਮਕ ਦਰਜਾ। ਪਾਈ–ਮੈਂ ਪ੍ਰਾਪਤ ਕਰ ਸਕਦਾ ਹਾਂ। ਪਰ-ਸਾਦਿ–ਕਿਰਪਾ ਨਾਲ। ਤਿਸ ਕਉ–[ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ]। ੧।

ਅਰਥ :–ਪਰਮਾਤ੍ਮਾ ਇੱਕ ਹੈ (ਉਸ ਦੇ ਬਰਾਬਰ ਦਾ ਹੋਰ ਕੋਈ ਨਹੀਂ)। ਉਸ ਦਾ ਕੋਈ ਖਾਸ ਘਰ ਨਹੀਂ, ਉਹ ਕਦੇ ਮਰਦਾ ਨਹੀਂ, ਉਹ ਜੂਨਾਂ ਵਿਚ ਨਹੀਂ ਆਉਂਦਾ, ਉਸ ਦੀ ਕੋਈ ਖ਼ਾਸ ਜਾਤਿ ਨਹੀਂ, ਉਸ ਨੂੰ(ਮਾਇਆ ਆਦਿਕ ਦਾ) ਕੋਈ ਬੰਧਨ ਨਹੀਂ (ਵਿਆਪਦਾ)। ਉਹ ਇੱਕ ਪਰਮਾਤਮਾ ਅਪਹੁੰਚ ਹੈ, (ਮਨੁੱਖ ਦੇ) ਗਿਆਨ-ਇੰਦ੍ਰਿਆਂ ਦੀ ਉਸ ਤਕ ਪਹੁੰਚ ਨਹੀਂ ਹੋ ਸਕਦੀ, (ਕਿਉਂਕਿ) ਉਸ ਦੀ ਕੋਈ ਖਾਸ ਸ਼ਕਲ ਨਹੀਂ, ਕੋਈ ਖਾਸ ਨਿਸ਼ਾਨ ਨਹੀਂ। ਪਰ ਭਾਲ ਕਰਦਿਆਂ ਕਰਦਿਆਂ ਉਸ ਨੂੰ ਹਰੇਕ ਸਰੀਰ ਵਿਚ ਵੇਖ ਸਕੀਦਾ ਹੈ।

ਮੈਂ ਉਸ (ਗੁਰੂ) ਤੋਂ ਸਦਕੇ ਜਾਂਦਾ ਹਾਂ ਜਿਹੜਾ(ਹਰੇਕ ਸਰੀਰ ਵਿਚ ਪ੍ਰਭੂ ਨੂੰ) ਵੇਖ ਕੇ (ਹੋਰਨਾਂ ਨੂੰ ਭੀ) ਵਿਖਾ ਦੇਂਦਾ ਹੈ। ਗੁਰੂ ਦੀ ਕਿਰਪਾ ਨਾਲ (ਹੀ ਉਸ ਦਾ ਹਰੇਕ ਸਰੀਰ ਵਿਚ ਦਰਸ਼ਨ ਕਰਨ ਦੀ) ਉੱਚੀ ਤੋਂ ਉੱਚੀ ਪਦਵੀ ਮੈਂ ਪ੍ਰਾਪਤ ਕਰ ਸਕਦਾ ਹਾਂ। ੧।

ਕਿਆ ਜਪੁ ਜਾਪਉ ਬਿਨੁ ਜਗਦੀਸੈ ॥ ਗੁਰ ਕੈ ਸਬਦਿ ਮਹਲੁ ਘਰੁ ਦੀਸੈ ॥੧॥ਰਹਾਉ॥ [੯੩੯]

ਪਦ ਅਰਥ :–ਕਿਆ ਜਪੁ–ਹੋਰ ਕੇਹੜਾ ਜਪ ? ਜਾਪਉ–ਜਾਪਊਂ, ਮੈਂ ਜਪਾਂ । ਜਗਦੀਸ–[ਜਗਤ-ਈਸ] ਜਗਤ ਦਾ ਮਾਲਕ । ਸਬਦਿ–ਸ਼ਬਦ ਦੀ ਰਾਹੀਂ, ਸ਼ਬਦ ਵਿਚ ਜੁੜਿਆਂ । ਮਹਲੁ–ਪਰਮਾਤਮਾ ਦਾ ਟਿਕਾਣਾ । ਦੀਸੈ–ਦਿੱਸ ਸਕਦਾ ਹੈ । ੧ । ਰਹਾਉ ।

ਅਰਥ :–ਗੁਰੂ ਦੇ ਸ਼ਬਦ ਵਿਚ ਜੁੜ ਕੇ (ਪਰਮਾਤਮਾ ਦਾ ਸਿਮਰਨ ਕੀਤਿਆਂ ਪਰਮਾਤਮਾ ਦਾ) ਦਰ-ਘਰ ਦਿੱਸ ਸਕਦਾ ਹੈ (ਪਰਮਾਤਮਾ ਦੇ ਚਰਨਾਂ ਵਿਚ ਟਿਕ ਸਕੀਦਾ ਹੈ, ਇਸ ਵਾਸਤੇ) ਜਗਤ ਦੇ ਮਾਲਕ ਪਰਮਾਤਮਾ ਦੇ ਸਿਮਰਨ ਤੋਂ ਬਿਨਾ ਮੈਂ ਹੋਰ ਕੋਈ ਭੀ ਜਾਪ ਨਹੀਂ ਜਪਦਾ । ੧ । ਰਹਾਉ ।

ਦੂਜੈ ਭਾਇ ਲਗੇ ਪਛੁਤਾਣੇ ॥ ਜਮ ਦਰਿ ਬਾਧੇ ਆਵਣ ਜਾਣੇ ॥ ਕਿਆ ਲੈ ਆਵਹਿ ਕਿਆ ਲੇ ਜਾਹਿ ॥ ਸਿਰਿ ਜਮਕਾਲੁ ਸਿ ਚੋਟਾ ਖਾਹਿ॥ ਬਿਨੁ ਗੁਰ ਸਬਦ ਨ ਛੂਟਸਿ ਕੋਇ ॥ ਪਾਖੰਡਿ ਕੀਨੈ ਮੁਕਤਿ ਨ ਹੋਇ॥ ੨ ॥ [੯੩੯]

ਪਦ ਅਰਥ :–ਭਾਇ–ਪ੍ਰੇਮ ਵਿਚ । ਭਾਉ–ਪ੍ਰੇਮ । ਦੂਜੈ ਭਾਇ–(ਪ੍ਰਭੂ ਨੂੰ ਭੁਲਾ ਕੇ) ਕਿਸੇ ਹੋਰ ਪ੍ਰੇਮ ਵਿਚ । ਜਮ ਦਰਿ–ਜਮ ਦੇ ਦਰ ਤੇ । ਬਾਧੇ–ਬੱਝੇ ਹੋਏ । ਆਵਣ ਜਾਣੇ–ਜਨਮ ਮਰਨ ਦੇ ਗੇੜ । ਕਿਆ ਲੈ–ਕੀਹ ਲੈ ਕੇ ? ਖ਼ਾਲੀ-ਹੱਥ । ਜਾਹਿ–ਚਲੇ ਜਾਂਦੇ ਹਨ । ਸਿਰਿ–ਸਿਰ ਉਤੇ । ਜਮਕਾਲੁ–ਮੌਤ, ਜਮਰਾਜ, ਮੌਤ ਦਾ ਡਰ, ਆਤਮਕ ਮੌਤ । ਸਿ–ਅਜਿਹੇ ਬੰਦੇ । ਖਾਹਿ–ਖਾਂਦੇ ਹਨ । ਨ ਛੂਟਸਿ–ਖਲਾਸੀ ਪ੍ਰਾਪਤ ਨਹੀਂ ਕਰੇਗਾ । ਕੋਇ–ਕੋਈ ਜੀਵ । ਪਾਖੰਡਿ–ਪਖੰਡ ਦੀ ਰਾਹੀਂ । ਪਾਖੰਡਿ ਕੀਨੈ–ਕੀਤੇ ਹੋਏ ਪਖੰਡ ਦੀ ਰਾਹੀਂ, ਪਖੰਡ ਕੀਤਿਆਂ । ਮੁਕਤਿ–(ਆਤਮਕ ਮੌਤ ਤੋਂ) ਖਲਾਸੀ ।੨।

ਅਰਥ :–ਜਿਹੜੇ ਜੀਵ (ਪਰਮਾਤਮਾ ਨੂੰ ਵਿਸਾਰ ਕੇ) ਕਿਸੇ ਹੋਰ ਮੋਹ ਵਿਚ ਫਸੇ ਰਹਿੰਦੇ ਹਨ ਉਹ (ਆਖ਼ਰ) ਪਛੁਤਾਂਦੇ ਹਨ । ਉਹ ਜਮਰਾਜ ਦੇ ਦਰ ਤੇ ਬੱਝੇ ਰਹਿੰਦੇ ਹਨ, ਉਹਨਾਂ ਦਾ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ । ਜਗਤ ਵਿਚ ਖ਼ਾਲੀ-ਹੱਥ ਆਉਂਦੇ ਹਨ, ਇਥੋਂ ਖ਼ਾਲੀ-ਹੱਥ ਹੀ ਜਾਂਦੇ ਹਨ (ਭਾਵ, ਸਿਮਰਨ ਸੇਵਾ ਆਦਿਕ ਦੀ ਆਤਮਕ ਰਾਸਿ-ਪੂੰਜੀ ਤਾਂ ਇਕੱਠੀ ਨਾਹ ਕੀਤੀ, ਤੇ ਹੋਰ ਜੋੜਿਆ ਕਮਾਇਆ ਧਨ-ਪਦਾਰਥ ਜਗਤ ਵਿਚ ਹੀ ਰਹਿ ਗਿਆ) । ਉਹਨਾਂ ਦੇ ਸਿਰ ਉਤੇ ਆਤਮਕ ਮੌਤ (ਹਰ ਵੇਲੇ ਖੜੀ ਰਹਿੰਦੀ ਹੈ) ਤੇ ਉਹ (ਨਿੱਤ ਇਸ ਆਤਮਕ ਮੌਤ ਦੀਆਂ) ਸੱਟਾਂ ਸਹਾਰਦੇ ਰਹਿੰਦੇ ਹਨ ।

ਗੁਰੂ ਦੇ ਸ਼ਬਦ ਤੋਂ ਬਿਨਾ ਕੋਈ ਮਨੁੱਖ ਆਤਮਕ ਮੌਤ ਤੋਂ ਬਚ ਨਹੀਂ ਸਕਦਾ। ਪਖੰਡ ਕੀਤਿਆ (ਬ੍ਹਾਹਰੋਂ ਧਾਰਮਿਕ ਭੇਖ ਬਣਾਇਆਂ) ਵਿਕਾਰਾਂ ਤੋਂ ਖਲਾਸੀ ਨਹੀਂ ਮਿਲ ਸਕਦੀ। ੨।

ਆਪੇ ਸਚੁ ਕੀਆ ਕਰ ਜੋੜਿ ॥ ਅੰਡਜ ਫੋੜਿ ਜੋੜਿ ਵਿਛੋੜਿ ॥ ਧਰਤਿ ਅਕਾਸੁ ਕੀਏ ਬੈਸਣ ਕਉ ਥਾਉ॥ ਰਾਤਿ ਦਿਨੰਤੁ ਕੀਏ ਭਉ ਭਾਉ ॥ ਜਿਨਿ ਕੀਏ ਕਰਿ ਵੇਖਣਹਾਰਾ॥ ਅਵਰੁ ਨ ਦੂਜਾ ਸਿਰਜਣਹਾਰਾ॥੩॥ [੮੩੯]

ਪਦ ਅਰਥ :—ਆਪੇ—(ਪਰਮਾਤਮਾ) ਆਪ ਹੀ। ਸਚੁ—ਸਦਾ ਕਾਇਮ ਰਹਿਣ ਵਾਲਾ। ਕੀਆ—(ਇਹ ਬ੍ਰਹਮੰਡ ਸਦਾ-ਥਿਰ ਪ੍ਰਭੂ ਨੇ ਆਪ ਹੀ) ਬਣਾਇਆ ਹੈ। ਕਰ—ਹੱਥ [ਬਹੁ ਵਚਨ]। ਜੋੜਿ—ਜੋੜ ਕੇ। ਕਰ ਜੋੜਿ—ਹੱਥ ਜੋੜ ਕੇ, ਹੱਥ ਹਿਲਾ ਕੇ, ਉੱਦਮ ਕਰ ਕੇ, ਹੁਕਮ ਕਰ ਕੇ। ਅੰਡਜ—ਬ੍ਰਹਮਾਂਡ। ਫੋੜਿ—ਤੋੜ ਕੇ, ਨਾਸ ਕਰ ਕੇ। ਜੋੜਿ—ਜੋੜ ਕੇ, (ਫਿਰ) ਪੈਦਾ ਕਰ ਕੇ। ਵਿਛੋੜਿ—ਵਿਛੋੜ ਕੇ, ਤੋੜ ਕੇ, ਨਾਸ ਕਰ ਕੇ। ਕੀਏ—ਬਣਾਏ ਹਨ। ਬੈਸਣ ਕਉ—ਬੈਠਣ ਲਈ, (ਜੀਵਾਂ ਦੇ) ਵੱਸਣ ਲਈ। ਦਿਨੰਤੁ—ਦਿਨ। ਭਉ—ਡਰ। ਭਾਉ—ਪਿਆਰ। ਜਿਨਿ—ਜਿਸ (ਪਰਮਾਤਮਾ) ਨੇ। ਕਰਿ—(ਪੈਦਾ) ਕਰ ਕੇ। ਅਵਰੁ—(ਕੋਈ) ਹੋਰ। ੩।

ਅਰਥ :—ਹੇ ਭਾਈ! (ਪਰਮਾਤਮਾ) ਆਪ ਹੀ ਸਦਾ ਕਾਇਮ ਰਹਿਣ ਵਾਲਾ ਹੈ, (ਇਹ ਬ੍ਰਹਮੰਡ ਉਸ ਸਦਾ-ਥਿਰ ਪ੍ਰਭੂ ਨੇ) ਹੁਕਮ ਕਰ ਕੇ (ਆਪ ਹੀ) ਪੈਦਾ ਕੀਤਾ ਹੈ। ਇਸ ਬ੍ਰਹਮਾਂਡ ਨੂੰ ਨਾਸ ਕਰ ਕੇ, (ਫਿਰ) ਪੈਦਾ ਕਰ ਕੇ, (ਫਿਰ) ਨਾਸ ਕਰ ਕੇ (ਫਿਰ ਆਪ ਹੀ ਪੈਦਾ ਕਰ ਦੇਂਦਾ ਹੈ)।

ਹੇ ਭਾਈ! (ਇਹ) ਧਰਤੀ (ਅਤੇ) ਆਕਾਸ਼ (ਪਰਮਾਤਮਾ ਨੇ ਜੀਵਾਂ ਦੇ) ਵੱਸਣ ਵਾਸਤੇ ਥਾਂ ਬਣਾਈ ਹੈ। (ਪਰਮਾਤਮਾ ਨੇ ਆਪ ਹੀ) ਦਿਨ ਅਤੇ ਰਾਤ ਬਣਾਏ ਹਨ, (ਜੀਵਾਂ ਦੇ ਅੰਦਰ) ਡਰ ਅਤੇ ਪਿਆਰ (ਭੀ ਪਰਮਾਤਮਾ ਨੇ ਆਪ ਹੀ ਪੈਦਾ ਕੀਤੇ ਹਨ)।

ਹੇ ਭਾਈ! ਜਿਸ (ਪਰਮਾਤਮਾ) ਨੇ (ਸਾਰੇ ਜੀਵ) ਪੈਦਾ ਕੀਤੇ ਹਨ, (ਇਹਨਾਂ ਨੂੰ) ਪੈਦਾ ਕਰ ਕੇ (ਆਪ ਹੀ ਇਹਨਾਂ ਦੀ) ਸੰਭਾਲ ਕਰਨ ਵਾਲਾ ਹੈ। ਹੇ ਭਾਈ! (ਪਰਮਾਤਮਾ ਤੋਂ ਬਿਨਾ) ਕੋਈ ਹੋਰ ਦੂਜਾ (ਇਸ ਬ੍ਰਹਮਾਂਡ ਨੂੰ) ਪੈਦਾ ਕਰਨ ਵਾਲਾ ਨਹੀਂ ਹੈ। ੩।

ਤ੍ਰਿਤੀਆ ਬ੍ਰਹਮਾ ਬਿਸਨੁ ਮਹੇਸਾ ॥ ਦੇਵੀ ਦੇਵ ਉਪਾਏ ਵੇਸਾ ॥ ਜੋਤੀ ਜਾਤੀ ਗਣਤ ਨ ਆਵੈ ॥ ਜਿਨਿ ਸਾਜੀ ਸੋ ਕੀਮਤਿ ਪਾਵੈ॥ ਕੀਮਤਿ ਪਾਇ ਰਹਿਆ ਭਰਪੂਰਿ ॥ ਕਿਸੁ ਨੇੜੈ ਕਿਸੁ ਆਖਾ ਦੂਰਿ ॥੪॥ [੮੩੯]

ਪਦ ਅਰਥ :–ਤ੍ਰਿਤੀਆ–ਪੂਰਨਮਾਸੀ ਤੋਂ ਪਿਛੋਂ ਤੀਜਾ ਦਿਨ। ਮਹੇਸਾ–ਸ਼ਿਵ। ਉਪਾਇ–ਪੈਦਾ ਕੀਤੇ। ਵੇਸਾ–ਵੇਸ, ਸਰੂਪ। ਜੋਤਿ–ਪ੍ਰਕਾਸ਼, ਚਾਨਣ। ਜਾਤੀ–ਜਾਤਿ, ਹਸਤੀ। ਜਿਨਿ–ਜਿਸ (ਕਰਤਾਰ) ਨੇ। ਸੋ–ਉਹ ਪਰਮਾਤਮਾ। ਕੀਮਤਿ–ਕਦਰ, ਮੁੱਲ। ਆਖਾ–ਆਖਾਂ, ਮੈਂ ਆਖਾਂ। ੪।

ਅਰਥ :–ਪਰਮਾਤਮਾ ਨੇ ਹੀ ਬ੍ਰਹਮਾ ਵਿਸ਼ਨੂ ਤੇ ਸ਼ਿਵ ਪੈਦਾ ਕੀਤੇ, ਪਰਮਾਤਮਾ ਨੇ ਹੀ ਦੇਵੀਆਂ ਦੇਵਤੇ ਆਦਿਕ ਅਨੇਕਾਂ ਹਸਤੀਆਂ ਪੈਦਾ ਕੀਤੀਆਂ। ਦੁਨੀਆ ਨੂੰ ਚਾਨਣ ਦੇਣ ਵਾਲੀਆਂ ਇਤਨੀਆਂ ਹਸਤੀਆਂ ਉਸ ਨੇ ਪੈਦਾ ਕੀਤੀਆਂ ਹਨ ਕਿ ਉਹਨਾਂ ਦੀ ਗਿਣਤੀ ਨਹੀਂ ਹੋ ਸਕਦੀ।

ਜਿਸ ਪਰਮਾਤਮਾ ਨੇ (ਇਹ ਸਾਰੀ ਸ੍ਰਿਸ਼ਟੀ) ਪੈਦਾ ਕੀਤੀ ਹੈ ਉਹ (ਹੀ) ਇਸ ਦੀ ਕਦਰ ਜਾਣਦਾ ਹੈ, ਇਸ ਦੀ ਕਦਰ ਜਾਣਦਾ ਹੈ (ਭਾਵ, ਇਸ ਨਾਲ ਪਿਆਰ ਕਰਦਾ ਹੈ, ਤੇ) ਇਸ ਵਿਚ ਹਰ ਥਾਂ ਮੌਜੂਦ (ਇਸ ਦੀ ਸੰਭਾਲ ਕਰਦਾ)ਹੈ। ਮੈਂ ਕੀਹ ਦੱਸਾਂ ਕਿ ਕਿਸ ਤੋਂ ਉਹ ਪਰਮਾਤਮਾ ਨੇੜੇ ਹੈ ਤੇ ਕਿਸ ਤੋਂ ਦੂਰ ਹੈ ? (ਭਾਵ, ਪਰਮਾਤਮਾ ਨਾਂਹ ਕਿਸੇ ਤੋਂ ਨੇੜੇ ਤੇ ਨਾਂਹ ਕਿਸੇ ਤੋਂ ਦੂਰ ਹੈ, ਹਰੇਕ ਵਿਚ ਇਕ-ਸਮਾਨ ਵਿਆਪਕ ਹੈ)। ੪।

ਚਉਥਿ ਉਪਾਏ ਚਾਰੇ ਬੇਦਾ ॥ ਖਾਣੀ ਚਾਰੇ ਬਾਣੀ ਭੇਦਾ ॥ ਅਸਟ ਦਸਾ ਖਟੁ ਤੀਨਿ ਉਪਾਏ ॥ ਸੋ ਬੂਝੈ ਜਿਸੁ ਆਪਿ ਬੁਝਾਏ ॥ਤੀਨਿ ਸਮਾਵੈ ਚਉਥੈ ਵਾਸਾ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸਾ ॥੫॥ [੮੩੯]

ਪਦ ਅਰਥ :–ਚਉਥਿ–ਪੂਰਨਮਾਸੀ ਤੋਂ ਪਿਛੋਂ ਚੌਥੇ ਦਿਨ। ਚਾਰੇ ਬੇਦ–ਰਿਗ, ਜਜੁਰ, ਸਾਮ, ਅਥਰਬਨ। ਖਾਣੀ ਚਾਰੇ–ਜਗਤ-ਉਤਪੱਤੀ ਦੀਆਂ ਚਾਰ ਖਾਣਾਂ (ਅੰਡਜ, ਜੇਰਜ, ਉਤਭੁਜ, ਸੇਤਜ)। ਬਾਣੀ ਭੇਦਾ–ਵਖ ਵਖ ਬੋਲੀਆਂ। ਅਸਟ–ਅੱਠ। ਅਸਟ ਦਸਾ–(ਅੱਠ ਤੇ ਦਸ) ਅਠਾਰਾਂ ਪੁਰਾਣ। ਖਟੁ–ਛੇ (ਸ਼ਾਸਤ੍ਰ)। [ਸਾਂਖ, ਜੋਗ, ਨਿਆਇ, ਵੈਸ਼ੇਸ਼ਿਕ, ਮੀਮਾਂਸਾ, ਵੇਦਾਂਤ]। ਤੀਨਿ–(ਮਾਇਆ ਦੇ) ਤਿੰਨ ਗੁਣ (ਰਜੋ, ਸਤੋ, ਤਮੋ)। ਸਮਾਵੈ–ਮੁਕਾ ਲਏ। ਚਉਥੈ–ਚੌਥੇ (ਪਦ) ਵਿਚ, ਆਤਮਕ ਅਡੋਲਤਾ ਵਿਚ। ਤਾ ਕੇ–ਉਸ (ਗੁਰਮੁਖ) ਦੇ। ੫।

ਅਰਥ :–ਪਰਮਾਤਮਾ ਨੇ ਆਪ ਹੀ ਚਾਰ ਵੇਦ ਪੈਦਾ ਕੀਤੇ ਹਨ, ਆਪ ਹੀ (ਜਗਤ-ਉਤਪੱਤੀ ਦੀਆਂ) ਚਾਰ ਖਾਣਾਂ ਪੈਦਾ ਕੀਤੀਆਂ ਹਨ ਤੇ ਆਪ ਹੀ ਜੀਵਾਂ ਦੀਆਂ ਵਖ ਵਖ ਬੋਲੀਆਂ ਬਣਾ ਦਿੱਤੀਆਂ ਹਨ। ਅਕਾਲਪੁਰਖ ਨੇ ਆਪ ਹੀ ਅਠਾਰਾਂ ਪੁਰਾਣ ਛੇ ਸ਼ਾਸਤ੍ਰ ਤੇ (ਮਾਇਆ ਦੇ) ਤਿੰਨ (ਗੁਣ) ਪੈਦਾ ਕੀਤੇ ਹਨ। ਇਸ ਭੇਤ ਨੂੰ ਉਹ ਮਨੁੱਖ ਸਮਝਦਾ ਹੈ ਜਿਸ ਨੂੰ ਪਰਮਾਤਮਾ ਆਪ ਸੂਝ ਬਖ਼ਸ਼ੇ।

ਨਾਨਕ ਬੇਨਤੀ ਕਰਦਾ ਹੈ–ਮੈਂ ਉਸ ਮਨੁੱਖ ਦਾ ਦਾਸ ਹਾਂ ਜੋ ਮਾਇਆ ਦੇ ਤਿੰਨ ਗੁਣਾਂ ਦਾ ਪ੍ਰਭਾਵ ਮੁਕਾ ਕੇ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ। ੫।

ਪੰਚਮੀ ਪੰਚ ਭੂਤ ਬੇਤਾਲਾ ॥ ਆਪਿ ਅਗੋਚਰੁ ਪੁਰਖੁ ਨਿਰਾਲਾ ॥ ਇਕਿ ਭ੍ਰਮਿ ਭੂਖੇ ਮੋਹ ਪਿਆਸੇ ॥ ਇਕਿ ਰਸੁ ਚਾਖਿ ਸਬਦਿ ਤ੍ਰਿਪਤਾਸੇ ॥ ਇਕਿ ਰੰਗਿ ਰਾਤੇ ਇਕਿ ਮਰਿ ਧੂਰਿ ॥ ਇਕਿ ਦਰਿ ਘਰਿ ਸਾਚੈ ਦੇਖਿ ਹਦੂਰਿ ॥ ੬ ॥ [ਪੰਨਾ ੮੩੯]

ਪਦ ਅਰਥ :–ਪੰਚ ਭੂਤ–ਪੰਜ ਤੱਤਾਂ ਵਿਚ ਹੀ ਪ੍ਰਵਿਰਤ ਜੀਵ ।ਬੇਤਾਲਾ–ਜੀਵਨ-ਜਾਚ ਤੋਂ ਤਾਲ ਤੋਂ ਖੁੰਝੇ ਹੋਏ ਜੀਵ, ਭੂਤਨੇ । ਅਗੋਚਰੁ–[ਅ-ਗੋ-ਚਰੁ । ਗੋ–ਗਿਆਨ-ਇੰਦ੍ਰੇ । ਚਰੁ–ਪਹੁੰਚਣਾ] ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁਚ ਨਾਂਹ ਹੋ ਸਕੇ । ਨਿਰਾਲਾ–[ਨਿਰ-ਆਲਯ] ਜਿਸ ਦਾ ਕੋਈ ਖਾਸ ਘਰ ਨਹੀਂ, ਜੋ ਕਿਸੇ ਖਾਸ ਇੱਕ ਸਰੀਰ-ਘਰ ਵਿਚ ਹੀ ਨਹੀਂ, ਨਿਰਲੇਪ । ਇਕਿ–[ਲਫ਼ਜ਼ 'ਇਕ' ਤੋਂ ਬਹੁ ਵਚਨ] ਕਈ, ਅਨੇਕਾਂ ਜੀਵ । ਭ੍ਰਮਿ–ਭਟਕਣਾ ਵਿਚ ਪੈ ਕੇ । ਭੂਖੇ–ਮਾਇਆ ਦੀ ਭੁੱਖ ਦੇ ਅਧੀਨ, ਤ੍ਰਿਸ਼ਨਾ-ਮਾਰੇ । ਰਸੁ–ਨਾਮ-ਰਸ । ਤ੍ਰਿਪਤਾਸੇ–ਮਾਇਆ ਵਲੋਂ ਰੱਜੇ ਹੋਏ । ਰਾਤੇ–ਰੱਤੇ ਹੋਏ, ਰੰਗੇ ਹੋਏ । ਮਰਿ–(ਆਤਮਕ ਮੌਤੇ) ਮਰ ਕੇ, ਆਤਮਕ ਜੀਵਨ ਗਵਾ ਕੇ । ਧੂਰਿ–ਮਿੱਟੀ । ਦਰਿ–ਪ੍ਰਭੂ ਦੇ ਦਰ ਤੇ । ਘਰਿ ਸਾਚੈ–ਸਦਾ-ਥਿਰ ਪ੍ਰਭੂ ਦੇ ਘਰ ਵਿਚ । ਦੇਖਿ–ਵੇਖ ਕੇ । ੬ ।

ਅਰਥ :–ਸਰਬ-ਵਿਆਪਕ (-ਪੁਰਖ) ਪਰਮਾਤਮਾ ਆਪ ਤਾਂ ਗਿਆਨ-ਇੰਦ੍ਰਿਆਂ ਦੀ ਪਹੁਚ ਤੋਂ ਪਰੇ ਹੈ ਤੇ ਨਿਰਲੇਪ ਹੈ, ਪਰ ਉਸ ਦੇ ਪੈਦਾ ਕੀਤੇ ਹੋਏ ਜਿਹੜੇ ਜੀਵ ਪੰਜ ਤੱਤਾਂ ਵਿਚ ਹੀ ਪਰਵਿਰਤ ਹਨ ਉਹ ਜੀਵਨ-ਜਾਚ ਤੋਂ ਖੁੰਝੇ ਹੋਏ ਹਨ । (ਅਜਿਹੇ) ਅਨੇਕਾਂ ਜੀਵ ਭਟਕਣਾ ਦੇ ਕਾਰਨ ਤ੍ਰਿਸ਼ਨਾ-ਅਧੀਨ ਹਨ, ਮਾਇਆ ਦੇ ਮੋਹ ਵਿਚ ਫਸੇ ਹੋਏ ਹਨ । ਪਰ ਕਈ ਐਸੇ (ਭਾਗਾਂ ਵਾਲੇ) ਹਨ ਜੋ (ਪਰਮਾਤਮਾ ਦੇ ਨਾਮ ਦਾ) ਸੁਆਦ ਚੱਖ ਕੇ ਗੁਰੂ ਦੇ ਸ਼ਬਦ ਵਿਚ ਜੁੜ ਕੇ ਮਾਇਆ ਵਲੋਂ ਰੱਜੇ ਹੋਏ ਹਨ, ਤੇ ਪਰ-ਮਾਤਮਾ ਦੇ ਨਾਮ ਦੇ ਰੰਗ ਵਿਚ ਰੰਗੇ ਹੋਏ ਹਨ । ਪਰ ਇਕ ਐਸੇ ਹਨ ਜੋ ਆਤਮਕ ਮੌਤ ਸਹੇੜ ਕੇ ਮਿੱਟੀ ਹੋਏ ਪਏ ਹਨ (ਜੀਵਨ ਉੱਕਾ ਹੀ ਗਵਾ ਚੁਕੇ ਹਨ) । ਇਕ ਐਸੇ ਹਨ ਜੋ ਪ੍ਰਭੂ ਨੂੰ ਆਪਣੇ ਅੰਗ-ਸੰਗ ਵੇਖ ਕੇ ਉਸ ਸਦਾ-ਥਿਰ ਪ੍ਰਭੂ ਦੇ ਦਰ ਤੇ ਟਿਕੇ ਰਹਿੰਦੇ ਹਨ ਉਸ ਦੇ ਚਰਨਾਂ ਵਿਚ ਜੁੜੇ ਰਹਿੰਦੇ ਹਨ । ੬ ।

ਝੂਠੇ ਕਉ ਨਾਹੀ ਪਤਿ ਨਾਉ ॥ ਕਬਹੁ ਨ ਸੂਚਾ ਕਾਲਾ ਕਉ ॥ ਪਿੰਜਰਿ ਪੰਖੀ ਬੰਧਿਆ ਕੋਇ ॥ ਛੇਰੀਂ ਭਰਮੈ ਮੁਕਤਿ ਨ ਹੋਇ ॥ ਤਉ ਛੂਟੈ ਜਾ ਖਸਮੁ ਛਡਾਏ ॥ ਗੁਰਮਤਿ ਮੇਲੇ ਭਗਤਿ ਦ੍ਰਿੜਾਏ ॥੭॥ [੮੩੯]

ਪਦ ਅਰਥ :–ਝੂਠਾ–ਕੂੜ ਦਾ ਵਪਾਰੀ ਜੀਵ । ਪਤਿ–ਇੱਜ਼ਤ । ਨਾਉ–ਨਾਮਣਾ, ਇੱਜ਼ਤ । ਸੂਚਾ–ਪਵਿਤ੍ਰ । ਪਿੰਜਰਿ–ਪਿੰਜਰੇ ਵਿਚ । ਬੰਧਿਆ–ਕੈਦ ਕੀਤਾ ਹੋਇਆ ।

ਛੇਰੀਂ—ਪਿੰਜਰੇ ਦੀਆਂ ਵਿਰਲਾਂ ਵਿਚ। ਭਰਮੈ—ਭਟਕਦਾ ਹੈ। ਮੁਕਤਿ—ਪਿੰਜਰੇ ਵਿਚੋਂ ਖਲਾਸੀ। ਤਉ—ਤਦੋਂ ਹੀ। ਖਸਮੁ—ਮਾਲਕ। ਦ੍ਰਿੜਾਏ—ਹਿਰਦੇ ਵਿਚ ਪੱਕੀ ਕਰ ਦੇਂਦਾ ਹੈ।੭।

ਅਰਥ :—ਜਿਹੜਾ ਮਨੁੱਖ ਦੁਨੀਆ ਦੇ ਪਦਾਰਥਾਂ ਦਾ ਹੀ ਪ੍ਰੇਮੀ ਬਣਿਆ ਰਹਿੰਦਾ ਹੈ, ਉਸ ਨੂੰ (ਲੋਕ ਪਰਲੋਕ ਵਿਚ ਕਿਤੇ ਭੀ) ਇੱਜ਼ਤ-ਆਦਰ ਨਸੀਬ ਨਹੀਂ ਹੁੰਦਾ। ਜਿਸ ਮਨੁੱਖ ਦਾ ਮਨ ਵਿਕਾਰਾਂ ਨਾਲ ਕਾਂ ਵਾਂਗ ਕਾਲਾ ਹੋ ਜਾਏ ਉਹ (ਮਾਇਆ ਵਿਚ ਫਸਿਆ ਰਹਿ ਕੇ) ਕਦੇ ਭੀ ਪਵਿਤ੍ਰ ਨਹੀਂ ਹੋ ਸਕਦਾ।

ਕੋਈ ਪੰਛੀ ਪਿੰਜਰੇ ਵਿਚ ਕੈਦ ਹੋ ਜਾਏ, ਉਹ ਪਿੰਜਰੇ ਦੀਆਂ ਵਿਰਲਾਂ ਵਿਚ (ਬੇਸ਼ੱਕ) ਪਿਆ ਭਟਕੇ, (ਇਸ ਤਰ੍ਹਾਂ ਪਿੰਜਰੇ ਦੀ) ਕੈਦ ਵਿਚੋਂ ਨਿਕਲ ਨਹੀਂ ਸਕਦਾ, ਤਦੋਂ ਹੀ ਪਿੰਜਰੇ ਵਿਚੋਂ ਆਜ਼ਾਦ ਹੋਵੇਗਾ ਜੇ ਉਸ ਦਾ ਮਾਲਕ ਉਸ ਨੂੰ ਆਜ਼ਾਦੀ ਦੇਵੇ (ਤਿਵੇਂ ਹੀ ਮਾਇਆ ਦੇ ਮੋਹ ਵਿਚ ਕੈਦ ਹੋਏ ਜੀਵ ਨੂੰ ਮਾਲਕ-ਪ੍ਰਭੂ ਆਪ ਹੀ ਖਲਾਸੀ ਦੇਂਦਾ ਹੈ)। ਪ੍ਰਭੂ ਉਸ ਨੂੰ ਗੁਰੂ ਦੀ ਮਤਿ ਵਿਚ ਜੋੜਦਾ ਹੈ, ਆਪਣੀ ਭਗਤੀ ਉਸ ਦੇ ਹਿਰਦੇ ਵਿਚ ਪੱਕੀ ਕਰ ਦੇਂਦਾ ਹੈ।੭।

ਖਸਟੀ ਖਟੁ ਦਰਸਨ ਪ੍ਰਭ ਸਾਜੇ ॥ ਅਨਹਦ ਸਬਦੁ ਨਿਰਾਲਾ ਵਾਜੇ ॥ ਜੇ ਪ੍ਰਭ ਭਾਵੈ ਤਾ ਮਹਲਿ ਬੁਲਾਵੈ ॥ ਸਬਦੇ ਭੇਦੇ ਤਉ ਪਤਿ ਪਾਵੈ ॥ ਕਰਿ ਕਰਿ ਵੇਸ ਖਪਹਿ ਜਲਿ ਜਾਵਹਿ ॥ ਸਾਚੈ ਸਾਚੇ ਸਾਚਿ ਸਮਾਵਹਿ॥ ੮ ॥ [ਪੰਨਾ ੮੩੯]

ਪਦ ਅਰਥ :—ਖਸਟੀ—ਖਸਟਮੀ, ਛੇਵੀਂ ਥਿਤ। ਖਟੁ ਦਰਸਨ—ਛੇ ਭੇਖ (ਜੋਗੀ, ਸੰਨਿਆਸੀ, ਜੰਗਮ, ਬੋਧੀ, ਸਰੇਵੜੇ, ਬੈਰਾਗੀ)। ਪ੍ਰਭ—ਪ੍ਰਭੂ ਦੀ ਖ਼ਾਤਰ, ਪ੍ਰਭੂ ਨੂੰ ਮਿਲਣ ਵਾਸਤੇ। ਅਨਹਦ—ਇਕ-ਰਸ, ਬਿਨਾ ਵਜਾਏ ਵੱਜਣ ਵਾਲਾ। ਸਬਦੁ—ਸਿਫ਼ਤਿ ਸਾਲਾਹ ਦੀ ਧੁਨਿ। ਨਿਰਾਲਾ—ਵੱਖਰਾ ਹੀ, (ਭੇਖਾਂ ਦੇ ਅਡੰਬਰ ਤੋਂ) ਵੱਖਰਾ ਹੀ। ਪ੍ਰਭ ਭਾਵੈ—ਪ੍ਰਭੂ ਨੂੰ ਪਸੰਦ ਆ ਜਾਏ। ਮਹਲਿ—ਆਪਣੀ ਹਜ਼ੂਰੀ ਵਿਚ। ਸਬਦੇ—ਸਬਦਿ, ਸਿਫ਼ਤਿ ਸਾਲਾਹ ਦੀ ਬਾਣੀ ਨਾਲ। ਭੇਦੇ—ਵਿੰਨ੍ਹ ਲਏ, ਮੋਹਿਤ ਕਰ ਲਏ।ਤਉ—ਤਦੋਂ। ਪਤਿ—ਇੱਜ਼ਤ। ਵੇਸ—ਧਾਰਮਿਕ ਪਹਿਰਾਵੇ। ਜਲਿ ਜਾਵਹਿ—ਸੜ ਜਾਂਦੇ ਹਨ। ਸਾਚੈ—ਸਦਾ-ਥਿਰ ਪ੍ਰਭੂ ਵਿਚ। ਸਾਚੇ—ਸਦਾ-ਥਿਰ ਪ੍ਰਭੂ ਦਾ ਰੂਪ ਹੋ ਕੇ। ਸਾਚਿ—ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਰਾਹੀਂ।੮।

ਅਰਥ :—ਪ੍ਰਭੂ ਨੂੰ ਮਿਲਣ ਵਾਸਤੇ (ਜੋਗੀ ਸੰਨਿਆਸੀ ਆਦਿਕ) ਛੇ ਭੇਖ ਬਣਾਏ ਗਏ, ਪਰ ਇਕ-ਰਸ ਸਿਫ਼ਤਿ ਸਾਲਾਹ ਦਾ ਸ਼ਬਦ (-ਵਾਜਾ ਇਹਨਾਂ ਭੇਖਾਂ ਤੋਂ) ਵੱਖਰਾ

ਹੀ ਵੱਜਦਾ ਹੈ (ਪ੍ਰਭਾਵ ਪਾਂਦਾ ਹੈ)। ਜੇ ਪ੍ਰਭੂ ਨੂੰ (ਕੋਈ ਵੱਡ-ਭਾਗੀ) ਚੰਗਾ ਲੱਗ ਪਏ, ਤਾਂ ਉਸ ਨੂੰ ਪ੍ਰਭੂ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ। ਜਦੋਂ ਕੋਈ ਮਨੁੱਖ ਸਿਫ਼ਤਿ ਸਾਲਾਹ ਦੀ ਬਾਣੀ ਦੀ ਰਾਹੀਂ (ਆਪਣੇ ਮਨ ਨੂੰ ਪ੍ਰਭੂ ਦੀ ਯਾਦ ਵਿਚ) ਪ੍ਰੋ ਲਏ, ਤਦੋਂ ਉਹ (ਪ੍ਰਭੂ ਦੀ ਹਜ਼ੂਰੀ ਵਿਚ) ਇੱਜ਼ਤ ਪਾਂਦਾ ਹੈ।

ਜਿਹੜੇ ਮਨੁੱਖ ਸਦਾ-ਥਿਰ ਪ੍ਰਭੂ-ਨਾਮ ਦੇ ਸਿਮਰਨ ਦੀ ਰਾਹੀਂ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਹੋ ਜਾਂਦੇ ਹਨ, ਪਰ (ਭੇਖੀ ਸਾਧ) ਧਾਰਮਿਕ ਭੇਖ ਕਰ ਕਰ ਕੇ ਹੀ ਖਪਦੇ ਹਨ ਤੇ (ਤ੍ਰਿਸ਼ਨਾ-ਅੱਗ ਵਿਚ) ਸੜਦੇ ਰਹਿੰਦੇ ਹਨ। ੮।

ਸਪਤਮੀ ਸਤੁ ਸੰਤੋਖੁ ਸਰੀਰਿ ॥ ਸਾਤ ਸਮੁੰਦ ਭਰੇ ਨਿਰਮਲ ਨੀਰਿ॥ ਮਜਨੁ ਸੀਲੁ ਸਚੁ ਰਿਦੈ ਵੀਚਾਰਿ ॥ ਗੁਰ ਕੈ ਸਬਦਿ ਪਾਵੈ ਸਭਿ ਪਾਰਿ ॥ ਮਨਿ ਸਾਚਾ ਮੁਖਿ ਸਾਚਉ ਭਾਇ ॥ ਸਚੁ ਨੀਸਾਣੈ ਠਾਕ ਨ ਪਾਇ॥ ੯॥ [ਪੰਨਾ ੮੩੯]

ਪਦ ਅਰਥ :—ਸਰੀਰਿ—(ਜਿਸ ਦੇ) ਸਰੀਰ ਵਿਚ। ਸਤੁ—ਦਾਨ, ਸੇਵਾ। ਸਾਤ ਸਮੁੰਦੁ—ਪੰਜ ਗਿਆਨ ਇੰਦ੍ਰੇ,ਮਨ ਤੇ ਬੁਧਿ। ਨੀਰਿ—(ਨਾਮ-) ਜਲ ਨਾਲ। ਸੀਲੁ—ਪਵਿਤ੍ਰ ਆਚਰਨ। ਮਜਨੁ—ਇਸ਼ਨਾਨ। ਸਚੁ—ਸਦਾ-ਥਿਰ ਪ੍ਰਭੂ। ਵੀਚਾਰਿ—ਵਿਚਾਰ ਕੇ, ਟਿਕਾ ਕੇ। ਸਬਦਿ—ਸ਼ਬਦ ਦੀ ਰਾਹੀਂ। ਪਾਵੈ ਪਾਰਿ—ਪਾਰ ਲੰਘਾ ਲੈਂਦਾ ਹੈ। ਸਭਿ—ਸਾਰੇ ਸੱਤ ਸਮੁੰਦਰਾਂ ਨੂੰ। ਮਨਿ—ਮਨ ਵਿਚ। ਮੁਖਿ—ਮੂੰਹ ਵਿਚ। ਸਾਚਉ—ਸਦਾ-ਥਿਰ ਪ੍ਰਭੂ। ਭਾਇ—ਪ੍ਰੇਮ ਵਿਚ। ਸਚੁ—ਸਦਾ-ਥਿਰ ਪ੍ਰਭੂ-ਨਾਮ। ਨੀਸਾਣੈ—ਨੀਸਾਣ ਦੇ ਕਾਰਨ, ਰਾਹਦਾਰੀ ਦੇ ਕਾਰਨ। ੯।

ਅਰਥ :—ਜਿਸ ਮਨੁੱਖ ਦੇ ਅੰਦਰ ਦੂਜਿਆਂ ਦੀ ਸੇਵਾ ਤੇ ਸੰਤੋਖ (ਪਲ੍ਹਰਦੇ) ਹਨ, ਜਿਸ ਮਨੁੱਖ ਦੇ ਪੰਜੇ ਗਿਆਨ-ਇੰਦ੍ਰੇ,ਮਨ ਅਤੇ ਬੁੱਧੀ ਪਰਮਾਤਮਾ ਦੇ ਪਵਿਤ੍ਰ ਨਾਮ-ਜਲ ਨਾਲ ਭਰਪੂਰ ਹੋ ਜਾਂਦੇ ਹਨ, ਜੋ ਮਨੁੱਖ ਸਦਾ-ਥਿਰ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਟਿਕਾ ਕੇ (ਅੰਤਰ ਆਤਮੇ) ਪਵਿਤ੍ਰ-ਆਚਰਨ-ਰੂਪ ਇਸ਼ਨਾਨ ਕਰਦਾ ਰਹਿੰਦਾ ਹੈ, ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਸਾਰਿਆਂ ਨੂੰ (ਭਾਵ, ਪੰਜੇ ਗਿਆਨ-ਇੰਦ੍ਰਿਆਂ, ਮਨ ਤੇ ਬੁੱਧੀ ਨੂੰ ਵਿਕਾਰਾਂ ਦੇ ਪ੍ਰਭਾਵ ਤੋਂ) ਪਾਰ ਲੰਘਾ ਲੈਂਦਾ ਹੈ।

ਜਿਸ ਮਨੁੱਖ ਦੇ ਮਨ ਵਿਚ ਸਦਾ-ਥਿਰ ਪ੍ਰਭੂ ਵੱਸਦਾ ਹੈ, ਜਿਸ ਮਨੁੱਖ ਦੀ ਜੀਭ ਉਤੇ ਸਦਾ-ਥਿਰ ਪ੍ਰਭੂ ਹੀ ਵੱਸਦਾ ਹੈ, ਜੋ ਸਦਾ ਪ੍ਰਭੂ ਦੇ ਪ੍ਰੇਮ ਵਿਚ ਲੀਨ ਰਹਿੰਦਾ ਹੈ, ਸਦਾ-ਥਿਰ ਨਾਮ ਉਸ ਦੇ ਪਾਸ (ਜੀਵਨ-ਸਫ਼ਰ ਵਿਚ) ਰਾਹਦਾਰੀ ਹੈ, ਇਸ ਰਾਹਦਾਰੀ ਦੇ ਕਾਰਨ (ਉਸ ਦੇ ਰਾਹ ਵਿਚ ਵਿਕਾਰ ਆਦਿਕਾਂ ਦੀ ਕੋਈ) ਰੋਕ ਨਹੀਂ ਪੈਂਦੀ। ੯।

ਅਸਟਮੀ ਅਸਟ ਸਿਧਿ ਬੁਧਿ ਸਾਧੈ ॥ ਸਚੁ ਨਿਹਕੇਵਲੁ ਕਰਮਿ ਅਰਾਧੈ ॥ ਪਉਣ ਪਾਣੀ ਅਗਨੀ ਬਿਸਰਾਉ ॥ ਤਹੀ ਨਿਰੰਜਨੁ ਸਾਚੋ ਨਾਉ॥ ਤਿਸੁ ਮਹਿ ਮਨੂਆ ਰਹਿਆ ਲਿਵ ਲਾਇ ।। ਪ੍ਰਣਵਤਿ ਨਾਨਕੁ ਕਾਲੁ ਨ ਖਾਇ ।। ੧੦ ॥ [ਪੰਨਾ ੮੩੯]

ਪਦ ਅਰਥ :–ਅਸਟ–ਅੱਠ । ਅਸਟਮੀ–ਅੱਠਵੀਂ । ਅਸਟ ਸਿਧਿ–ਅੱਠ ਸਿੱਧੀਆਂ[ਅਣਿਮਾ, ਮਹਿਮਾ, ਲਘਿਮਾ, ਗਰਿਮਾ, ਪ੍ਰਾਪਤੀ, ਪ੍ਰਾਕਾਮਜ, ਈਸ਼ਿਤਾ, ਵਸ਼ਿਤਾ] । ਬੁਧਿ–ਅਕਲ । ਸਾਧੈ–ਕਾਬੂ ਵਿਚ ਰੱਖਦਾ ਹੈ । ਸਚੁ–ਸਦਾ-ਥਿਰ ਪ੍ਰਭੂ । ਨਿਹਕੇਵਲੁ–[निष्कैवल्य] ਪਵਿਤ੍ਰ । ਕਰਮਿ–(ਪ੍ਰਭੂ ਦੀ) ਮੇਹਰ ਨਾਲ । ਅਰਾਧੈ–ਸਿਮਰਦਾ ਹੈ । ਪਉਣ–ਰਜੋ ਗੁਣ । ਪਾਣੀ–ਸਤੋ ਗੁਣ । ਅਗਨੀ–ਤਮੋ ਗੁਣ । ਬਿਸਰਾਉ–ਅਭਾਵ । ਤਹੀ–ਉਸ ਥਾਂ, ਉਸੇ ਹਿਰਦੇ ਵਿਚ । ਨਿਰੰਜਨੁ–ਮਾਇਆ ਦੇ ਪ੍ਰਭਾਵ ਤੋਂ ਉਤਾਂਹ । ਸਾਚੋ–ਸਦਾ-ਥਿਰ । ਤਿਸੁ ਮਹਿ–ਉਸ ਪਰਮਾਤਮਾ ਵਿਚ। ਪ੍ਰਣਵਤਿ–ਬੇਨਤੀ ਕਰਦਾ ਹੈ । ਕਾਲੁ–ਆਤਮਕ ਮੌਤ । ੧੦ ।

ਅਰਥ :–ਜਿਹੜਾ ਮਨੁੱਖ (ਜੋਗੀਆਂ ਵਾਲੀਆਂ) ਅੱਠ ਸਿੱਧੀਆਂ ਹਾਸਲ ਕਰਨ ਦੀ ਤਾਂਘ ਰੱਖਣ ਵਾਲੀ ਬੁੱਧੀ ਨੂੰ ਆਪਣੇ ਕਾਬੂ ਵਿਚ ਰੱਖਦਾ ਹੈ (ਭਾਵ, ਜੋ ਮਨੁੱਖ ਸਿੱਧੀਆਂ ਪ੍ਰਾਪਤ ਕਰਨ ਦੀ ਲਾਲਸਾ ਤੋਂ ਉਤਾਂਹ ਰਹਿੰਦਾ ਹੈ), ਜੋ ਪਵਿਤ੍ਰ-ਸਰੂਪ ਸਦਾ-ਥਿਰ ਪ੍ਰਭੂ ਨੂੰ ਉਸ ਦੀ ਮਿਹਰ ਨਾਲ (ਸਦਾ) ਸ਼ਿਮਰਦਾ ਹੈ, ਜਿਸ ਦੇ ਹਿਰਦੇ ਵਿਚ ਰਜੋ ਸਤੋ ਅਤੇ ਤਮੋ ਗੁਣ ਦਾ ਅਭਾਵ ਰਹਿੰਦਾ ਹੈ, ਉਸੇ ਹਿਰਦੇ ਵਿਚ ਨਿਰਲੇਪ ਪਰਮਾਤਮਾ ਵੱਸਦਾ ਹੈ, ਸਦਾ-ਥਿਰ ਪ੍ਰਭੂ-ਨਾਮ ਵੱਸਦਾ ਹੈ ।

ਜਿਸ ਮਨੁੱਖ ਦਾ ਮਨ ਉਸ ਅਕਾਲ ਪੁਰਖ ਵਿਚ ਸਦਾ ਲੀਨ ਰਹਿੰਦਾ ਹੈ, ਨਾਨਕ ਆਖਦਾ ਹੈ, ਉਸ ਨੂੰ ਆਤਮਕ ਮੌਤ ਨਹੀਂ ਖਾਂਦੀ (ਆਤਮਕ ਮੌਤ ਉਸ ਦੇ ਆਤਮਕ ਜੀਵਨ ਨੂੰ ਤਬਾਹ ਨਹੀਂ ਕਰਦੀ) । ੧੦ ।

ਨਾਉ ਨਉਮੀ ਨਵੇ ਨਾਥ ਨਵ ਖੰਡਾ ।। ਘਟਿ ਘਟਿ ਨਾਥੁ ਮਹਾ ਬਲਵੰਡਾ ।। ਆਈ ਪੂਤਾ ਇਹੁ ਜਗੁ ਸਾਰਾ ।। ਪ੍ਰਭ ਆਦੇਸੁ ਆਦਿ ਰਖਵਾਰਾ । ਆਦਿ ਜੁਗਾਦੀ ਹੈ ਭੀ ਹੋਗੁ ।। ਓਹੁ ਅਪਰੰਪਰੁ ਕਰਣੈ ਜੋਗੁ॥ ੧੧ ।। [ਪੰਨਾ ੮੩੯]

ਪਦ ਅਰਥ :–ਨਵੇ ਨਾਥ–ਨੌਂਹੀ ਨਾਥ, ਸਾਰੇ ਨੌਂ ਨਾਥ (ਆਦਿ ਨਾਥ, ਮਛੇਂਦਰ ਨਾਥ, ਉਦਯ ਨਾਥ, ਸੰਤੋਖ ਨਾਥ, ਕੰਥੜ ਨਾਥ, ਸਤਯ ਨਾਥ, ਅਚੰਭ ਨਾਥ, ਚੌਰੰਗੀ ਨਾਥ, ਗੋਰਖ ਨਾਥ) । ਨਾਥ–ਜੋਗੀਆਂ ਦੇ ਮਹੰਤ । ਨਵ ਖੰਡ–ਧਰਤੀ ਦੇ ਸਾਰੇ

ਨੌਂ ਹਿੱਸੇ, ਸਾਰੀ ਧਰਤੀ ਦੇ ਜੀਵ। ਘਟਿ ਘਟਿ–ਹਰੇਕ ਸਰੀਰ ਵਿਚ (ਵਿਆਪਕ)। ਬਲਵੰਡ–ਬਲੀ। ਮਾਈ–ਮਾਇਆ, ਮਾਂ। ਆਦੇਸੁ–ਨਮਸਕਾਰ। ਪ੍ਰਭ ਆਦੇਸੁ–ਪ੍ਰਭੂ ਨੂੰ ਨਮਸਕਾਰ। ਜੁਗਾਦੀ–ਜੁਗਾਂ ਦੇ ਮੁੱਢ ਤੋਂ। ਅਪਰੰਪਰੁ–ਪਰੇ ਤੋਂ ਪਰੇ, ਜਿਸ ਦਾ ਪਾਰ ਨ ਪਾਇਆ ਜਾ ਸਕੇ। ਜੋਗੁ–ਸਮਰੱਥ। ੧੧।

ਅਰਥ :–(ਅਸਲ) ਨਾਥ (ਉਹ ਪ੍ਰਭੂ ਹੈ ਜੋ) ਹਰੇਕ ਸਰੀਰ ਵਿਚ ਵਿਆਪਕ ਹੈ,ਜੋ ਮਹਾ ਬਲੀ ਹੈ,ਜੋਗੀਆਂ ਦੇ ਨੌਂ ਹੀ ਨਾਥ ਤੇ ਧਰਤੀ ਦੇ ਸਾਰੇ ਜੀਵ ਜਿਸ ਦਾ ਨਾਮ ਜਪਦੇ ਹਨ।

(ਉਹ ਨਾਥ-ਪ੍ਰਭੂ ਸਾਰੇ ਜਗਤ ਦੀ ਮਾਂ ਹੈ) ਇਹ ਸਾਰਾ ਜਗਤ ਉਸ ਮਾਂ (-ਨਾਥ-ਪ੍ਰਭੂ) ਦਾ ਪੁੱਤਰ ਹੈ (ਪੈਦਾ ਕੀਤਾ ਹੋਇਆ ਹੈ)। ਉਸ ਪ੍ਰਭੂ ਨੂੰ ਹੀ ਨਮਸਕਾਰ ਕਰਨੀ ਚਾਹੀਦੀ ਹੈ, ਉਹ ਸਭ ਦਾ ਮੁੱਢ ਹੈ, ਸਭ ਦਾ ਰਾਖਾ ਹੈ। ਉਹ ਪ੍ਰਭੂ ਮੁੱਢ ਤੋਂ ਹੈ,ਜੁਗਾਂ ਦੇ ਸ਼ੁਰੂ ਤੋਂ ਹੀ ਹੈ, ਹੁਣ ਭੀ ਹੈ ਤੇ ਸਦਾ ਲਈ ਮੌਜੂਦ ਰਹੇਗਾ। ਉਹ ਪ੍ਰਭੂ-ਨਾਥ ਪਰੇ ਤੋਂ ਪਰੇ ਹੈ (ਉਸ ਦਾ ਪਾਰ ਨਹੀਂ ਪਾਇਆ ਜਾ ਸਕਦਾ) ਉਹ ਸਭ ਕੁਝ ਕਰਨ ਦੀ ਤਾਕਤ ਰੱਖਦਾ ਹੈ। ੧੧।

ਦਸਮੀ ਨਾਮੁ ਦਾਨੁ ਇਸਨਾਨੁ ॥ ਅਨਦਿਨੁ ਮਜਨੁ ਸਚਾ ਗੁਣ ਗਿਆਨੁ ॥ ਸਚਿ ਮੈਲੁ ਨ ਲਾਗੈ ਭ੍ਰਮੁ ਭਉ ਭਾਗੈ ॥ ਬਿਲਮੁ ਨ ਤੂਟਸਿ ਕਾਚੈ ਤਾਗੈ ॥ ਜਿਉ ਤਾਗਾ ਜਗੁ ਏਵੈ ਜਾਣਹੁ ॥ ਅਸਥਿਰੁ ਚੀਤੁ ਸਾਚਿ ਰੰਗੁ ਮਾਣਹੁ ॥ ੧੨ ॥ [ਪੰਨਾ ੯੪੦]

ਪਦ ਅਰਥ :–ਅਨਦਿਨੁ–ਹਰ ਰੋਜ਼, ਸਦਾ। ਮਜਨੁ–ਇਸ਼ਨਾਨ। ਸਚਾ–ਸਦਾ-ਥਿਰ। ਗੁਣ ਗਿਆਨੁ–ਪਰਮਾਤਮਾ ਦੇ ਗੁਣਾਂ ਨਾਲ ਜਾਣ-ਪਛਾਣ। ਸਚਿ–ਸਦਾ-ਥਿਰ ਪ੍ਰਭੂ-ਨਾਮ ਵਿਚ (ਜੁੜਿਆਂ)। ਭ੍ਰਮੁ–ਭਟਕਣਾ। ਬਿਲਮੁ–ਦੇਰ, ਢਿੱਲ। ਅਸਥਿਰੁ–ਟਿਕਵਾਂ। ਸਾਚਿ–ਸਦਾ-ਥਿਰ ਪ੍ਰਭੂ ਵਿਚ।

ਅਰਥ :–ਪਰਮਾਤਮਾ ਦਾ ਨਾਮ ਜਪਣਾ ਹੀ ਦਸਵੀਂ ਥਿਤ ਤੇ ਦਾਨ ਕਰਨਾ ਤੇ ਇਸ਼ਨਾਨ ਕਰਨਾ ਹੈ। ਪ੍ਰਭੂ ਦੇ ਗੁਣਾਂ ਨਾਲ ਡੂੰਘੀ ਸਾਂਝ ਹੀ ਸਦਾ-ਥਿਰ ਰਹਿਣ ਵਾਲਾ ਨਿੱਤ ਦਾ ਤੀਰਥ-ਇਸ਼ਨਾਨ ਹੈ। ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜਿਆਂ (ਮਨ ਨੂੰ ਵਿਕਾਰਾਂ ਦੀ) ਮੈਲ ਨਹੀਂ ਲੱਗਦੀ, ਮਨ ਦੀ ਭਟਕਣਾ ਦੂਰ ਹੋ ਜਾਂਦੀ ਹੈ, ਮਨ ਦਾ ਸਹਿਮ ਮੁੱਕ ਜਾਂਦਾ ਹੈ (ਇਉਂ ਤੁਰਤ ਮੁੱਕਦਾ ਹੈ, ਜਿਵੇਂ) ਕੱਚੇ ਧਾਗੇ ਨੂੰ ਟੁੱਟਦਿਆਂ ਚਿਰ ਨਹੀਂ ਲੱਗਦਾ।

(ਹੇ ਭਾਈ !) ਜਗਤ (ਦੇ ਸੰਬੰਧ) ਨੂੰ ਇਉਂ ਹੀ ਸਮਝੋ ਜਿਵੇਂ ਕੱਚਾ ਧਾਗਾ ਹੈ;

ਆਪਣੇ ਮਨ ਨੂੰ ਸਦਾ-ਥਿਰ ਪ੍ਰਭੂ-ਨਾਮ ਵਿਚ ਟਿਕਾ ਕੇ ਰੱਖੋ, ਅਤੇ ਆਤਮਕ ਆਨੰਦ ਮਾਣੋ । ੧੨ ।

ਏਕਾਦਸੀ ਇਕੁ ਰਿਦੈ ਵਸਾਵੈ ॥ ਹਿੰਸਾ ਮਮਤਾ ਮੋਹੁ ਚੁਕਾਵੈ ॥ ਫਲੁ ਪਾਵੈ ਬ੍ਰਤੁ ਆਤਮ ਚੀਨੈ ॥ ਪਾਖੰਡਿ ਰਾਚਿ ਤਤੁ ਨਹੀ ਬੀਨੈ ॥ ਨਿਰਮਲੁ ਨਿਰਾਹਾਰੁ ਨਿਹਕੇਵਲੁ ॥ ਸੂਚੈ ਸਾਚੇ ਨਾ ਲਾਗੈ ਮਲੁ ॥ ੧੩ ॥ [੮੪੦]

ਪਦ ਅਰਥ :-ਇਕ-ਇੱਕ (ਪਰਮਾਤਮਾ)ਨੂੰ । ਰਿਦੈ-ਹਿਰਦੇ ਵਿਚ । ਵਸਾਵੈ-ਵਸਾਂਦਾ ਹੈ । ਹਿੰਸਾ-ਨਿਰਦਇਤਾ । ਮਮਤਾ-ਮਲਕੀਅਤ ਦੀ ਲਾਲਸਾ । ਚੁਕਾਵੈ-ਦੂਰ ਕਰਦਾ ਹੈ ।ਆਤਮ ਚੀਨੈ-ਆਪਣੇ ਆਪ ਨੂੰ ਪਛਾਣਦਾ ਹੈ, ਆਪਣੇ ਜੀਵਨ ਨੂੰ ਪਰਖਦਾ ਰਹਿੰਦਾ ਹੈ । ਪਾਖੰਡਿ-ਵਿਖਾਵੇ ਵਿਚ । ਰਾਇ-ਰਚ ਕੇ, ਰੁੱਝ ਕੇ । ਤਤੁ-ਅਸਲੀਅਤ । ਬੀਨੈ-ਵੇਖਦਾ, ਵੇਖ ਸਕਦਾ । ਨਿਰਾਹਾਰੁ-[ਨਿਰ-ਆਹਾਰੁ] ਜਿਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ । ਨਿਹਕੇਵਲੁ-[ਨਿਸ਼੍ਕੈਵਲ੍ਯ] ਸੁੱਧ ਸਰੂਪ । ਸੂਚੈ-ਪਵਿੱਤਰ ਪ੍ਰਭੂ ਵਿਚ । ਸਾਚੇ-ਸਦਾ-ਥਿਰ ਪ੍ਰਭੂ ਦਾ ਰੂਪ । ਏਕਾਦਸੀ-ਚੰਦ ਦੇ ਹਿਸਾਬ ਪੂਰਨਮਾਸੀ ਜਾਂ ਮੱਸਿਆ ਤੋਂ ਗਿਆਰ੍ਹਵਾਂ ਦਿਨ । ਕਰਮ-ਕਾਂਡੀ ਲੋਕ ਉਸ ਦਿਨ ਵਰਤ ਰੱਖਦੇ ਹਨ, ਨਿਰਾਹਾਰ ਰਹਿੰਦੇ ਹਨ । ੧੩ ।

ਅਰਥ :-ਜਿਹੜਾ ਮਨੁੱਖ ਇਕ (ਪਰਮਾਤਮਾ) ਨੂੰ (ਆਪਣੇ) ਹਿਰਦੇ ਵਿਚ ਵਸਾਂਦਾ ਹੈ, (ਉਹ ਮਨੁੱਖ ਆਪਣੇ ਅੰਦਰੋਂ) ਨਿਰਦਇਤਾ, ਮਾਇਆ ਦੀ ਅਪਣੱਤ ਅਤੇ ਮਾਇਆ ਦਾ ਮੋਹ ਦੂਰ ਕਰ ਲੈਂਦਾ ਹੈ । (ਜਿਹੜਾ ਮਨੁੱਖ ਹਿੰਸਾ ਮੋਹ ਆਦਿਕ ਤੋਂ ਬਚੇ ਰਹਿਣ ਵਾਲਾ ਇਹ) ਵਰਤ (ਰੱਖਦਾ ਹੈ, ਉਹ ਇਸ ਵਰਤ ਦਾ ਇਹ) ਫਲ ਪ੍ਰਾਪਤ ਕਰਦਾ ਹੈ ਕਿ (ਸਦਾ) ਆਪਣੇ ਆਤਮਕ ਜੀਵਨ ਨੂੰ ਪਰਖਦਾ ਰਹਿੰਦਾ ਹੈ ।ਪਰ ਵਿਖਾਵੇ (ਦੇ ਵਰਤ) ਵਿਚ ਪਤੀਜ ਕੇ ਮਨੁੱਖ (ਸਾਰੇ ਜਗਤ ਦੇ)ਮੂਲ (ਪਰਮਾਤਮਾ ਨੂੰ) ਨਹੀਂ ਵੇਖ ਸਕਦਾ ।

ਹੇ ਭਾਈ ! ਪਰਮਾਤਮਾ ਨੂੰ ਵਿਕਾਰਾਂ ਦੀ ਮੈਲ ਨਹੀਂ ਲੱਗਦੀ, ਪਰਮਾਤਮਾ ਨੂੰ ਕਿਸੇ ਖੁਰਾਕ ਦੀ ਲੋੜ ਨਹੀਂ (ਉਹ ਹਰ ਵੇਲੇ ਹੀ ਬ੍ਰਤ-ਧਾਰੀ ਹੈ), ਪਰਮਾਤਮਾ ਸੁੱਧ-ਸਰੂਪ ਹੈ, (ਜਿਹੜੇ ਮਨੁੱਖ ਉਸ) ਪਵਿੱਤਰ ਪ੍ਰਭੂ ਵਿਚ (ਜੁੜ ਕੇ) ਉਸ ਸਦਾ-ਥਿਰ ਪ੍ਰਭੂ ਦਾ ਰੂਪ ਹੋ ਜਾਂਦੇ ਹਨ, ਉਹਨਾਂ ਨੂੰ (ਵੀ ਵਿਕਾਰਾਂ ਦੀ) ਮੈਲ ਨਹੀਂ ਲੱਗਦੀ । ੧੩ ।

ਜਹ ਦੇਖਉ ਤਹ ਏਕੋ ਏਕਾ ॥ ਹੋਰਿ ਜੀਅ ਉਪਾਏ ਵੇਕੋ ਵੇਕਾ ॥ ਫਲੋਹਾਰ ਕੀਏ ਫਲੁ ਜਾਇ ॥ ਰਸ ਕਸ ਖਾਏ ਸਾਦੁ ਗਵਾਇ ॥ ਕੂੜੈ ਲਾਲਚਿ ਲਪਟੈ ਲਪਟਾਇ ॥ ਛੂਟੈ ਗੁਰਮੁਖਿ ਸਾਚੁ ਕਮਾਇ ॥ ੧੪ ॥

[ਪੰਨਾ ੮੪੦]

ਪਦ ਅਰਥ :–ਜਹ–ਜਿੱਥੇ। ਦੇਖਉ–ਦੇਖਉਂ, ਮੈਂ ਵੇਖਦਾ ਹਾਂ। ਤਹ–ਉਥੇ। ਏਕੋ ਏਕਾ–ਇਕ ਪਰਮਾਤਮਾ ਹੀ। ਹੋਰਿ–[ਲਫ਼ਜ਼ 'ਹੋਰ' ਤੋਂ ਬਹੁ ਵਚਨ]।ਹੋਰਿ ਜੀਅ –ਬਾਕੀ ਸਾਰੇ ਜੀਵ। ਵੇਕੋ ਵੇਕਾ–ਭਾਂਤ ਭਾਂਤ ਦੇ ਫਲੋਹਾਰ–ਫਲਾਂ ਦਾ ਆਹਾਰ [ਏਕਾ-ਦਸੀ ਦੇ ਵਰਤ ਤੇ ਅੰਨ ਛੱਡ ਕੇ ਕਰਮ-ਕਾਂਡੀ ਸਿਰਫ਼ ਫਲ ਖਾਂਦੇ ਹਨ,ਤੇ ਸਿਰਫ਼ ਇਤਨੇ ਉੱਦਮ ਨਾਲ ਹੀ ਵਰਤ ਦਾ ਫਲ ਮਿਲਦਾ ਸਮਝ ਲੈਂਦੇ ਹਨ।ਅਸਲ ਵਰਤ ਹੈ 'ਵਿਕਾਰਾਂ ਵਲੋਂ ਪਰਹੇਜ਼',ਉਸ ਦਾ ਫਲ ਹੈ'ਉੱਚਾ ਆਤਮਕ ਜੀਵਨ']। ਰਸ ਕਸ–ਕਈ ਸੁਆਦਾਂ ਵਾਲੇ ਫਲ ਆਦਿਕ ਪਦਾਰਥ। ਸਾਦੁ–ਸੁਆਦ, ਮਜ਼ਾ। ਲਾਲਚਿ–ਲਾਲਚ ਵਿਚ। ਕੂੜੈ ਲਾਲਚ–ਝੂਠੇ ਲਾਲਚ ਵਿਚ। ਲਪਟੈ–ਚੰਬੜਿਆ ਰਹਿੰਦਾ ਹੈ। ਛੂਟੈ–(ਲਾਲਚ ਤੋਂ)ਮੁਕਤ ਹੁੰਦਾ ਹੈ। ਗੁਰਮੁਖਿ–ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਸਾਚ–ਸਦਾ-ਥਿਰ ਹਰਿ-ਨਾਮ ਦਾ ਸਿਮਰਨ। ੧੪।

ਅਰਥ :–ਮੈਂ ਜਿਧਰ ਵੇਖਦਾ ਹਾਂ, ਉਧਰ ਇਕ ਪਰਮਾਤਮਾ ਹੀ ਪਰਮਾਤਮਾ ਦਿੱਸਦਾ ਹੈ। (ਉਸ ਨੇ) ਭਾਂਤ ਭਾਂਤ ਦੇ ਇਹ ਸਾਰੇ ਜੀਵ ਪੈਦਾ ਕੀਤੇ ਹੋਏ ਹਨ(ਜੋ ਵਰਤ ਆਦਿਕ ਕਈ ਭਰਮਾਂ ਵਿਚ ਪਏ ਰਹਿੰਦੇ ਹਨ)।

ਹੇ ਭਾਈ ! (ਏਕਾਦਸੀ ਵਾਲੇ ਦਿਨ ਅੰਨ ਛੱਡ ਕੇ) ਨਿਰੇ ਫਲ ਖਾਧਿਆਂ (ਵਰਤ ਦਾ ਅਸਲ) ਫਲ ਨਹੀਂ ਮਿਲਦਾ (ਅਸਲ ਵਰਤ ਹੈ 'ਵਿਕਾਰਾਂ ਵਲੋਂ ਪਰਹੇਜ਼', ਉਸਦਾ ਫਲ ਹੈ 'ਉੱਚਾ ਆਤਮਕ ਜੀਵਨ')। (ਅੰਨ ਦੇ ਥਾਂ) ਕਈ ਸੁਆਦਾਂ ਵਾਲੇ ਫਲ ਆਦਿਕ ਪਦਾਰਥ (ਜੋ ਮਨੁੱਖ) ਖਾਂਦਾ ਹੈ, (ਉਹ ਤਾਂ ਉਂਞ ਹੀ ਵਰਤ ਦਾ)ਮਜ਼ਾ ਗਵਾ ਲੈਂਦਾ ਹੈ। (ਵਰਤ ਰੱਖਣ ਵਾਲਾ ਮਨੁੱਖ ਵਰਤ ਦੇ ਫਲ ਦੀ ਆਸ ਧਾਰ ਕੇ) ਮਾਇਆ ਦੇ ਲਾਲਚ ਵਿਚ ਫਸਿਆ ਹੀ ਰਹਿੰਦਾ ਹੈ।(ਇਸ ਲਾਲਚ ਤੋਂ ਉਹ ਮਨੁੱਖ) ਖਲਾਸੀ ਹਾਸਲ ਕਰਦਾ ਹੈ ਜਿਹੜਾ ਗੁਰੂ ਦੀ ਸਰਨ ਪੈਕੇ ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ ਦੀ ਕਮਾਈ ਕਰਦਾ ਹੈ। ੧੪।

ਦੁਆਦਸਿ ਮੁਦ੍ਰਾ ਮਨੁ ਅਉਧੂਤਾ ॥ ਅਹਿਨਿਸਿ ਜਾਗਹਿ ਕਬਹਿ ਨ ਸੂਤਾ ॥ ਜਾਗਤੁ ਜਾਗਿ ਰਹੈ ਲਿਵ ਲਾਇ ॥ ਗੁਰ ਪਰਚੈ ਤਿਸੁ ਕਾਲੁ ਨ ਖਾਇ ॥ ਅਤੀਤ ਭਏ ਮਾਰੇ ਬੈਰਾਈ ॥ ਪ੍ਰਣਵਤਿ ਨਾਨਕ ਤਹ ਲਿਵ ਲਾਈ॥ ੧੫ ॥ [ਪੰਨਾ ੮੪੦]

ਪਦ ਅਰਥ :–ਦੁਆਦਸਿ–ਬਾਰ੍ਹਵੀਂ ਥਿਤਿ, ਪੂਰਨਮਾਸੀ ਜਾਂ ਮੱਸਿਆ ਤੋਂ ਬਾਰ੍ਹਵਾਂ ਦਿਨ। ਮੁਦ੍ਰਾ–ਮੁਹਰ, ਛਾਪ, ਭੇਖ ਦਾ ਚਿੰਨ੍ਹ। ਦੁਆਦਸਿ ਮੁਦ੍ਰਾ–ਭੇਖਾਂ ਦੇ ਬਾਰਾਂ ਚਿੰਨ੍ਹ [ਬ੍ਰਹਮਚਾਰੀ ਦੇ ਪੰਜ ਚਿੰਨ੍ਹ=ਜਨੇਊ, ਮ੍ਰਿਗਛਾਲਾ, ਮੁੰਞ ਦੀ ਤੜਾਗੀ,ਕਰਮੰਡਲ,

ਸ਼ਿਖਾ । ਵੈਸ਼ਨਵ ਦੇ ਤਿੰਨ ਚਿੰਨ੍ਹ=ਤਿਲਕ, ਕੰਠੀ, ਤੁਲਸੀ ਮਾਲਾ। ਸ਼ੈਵ (ਸ਼ਿਵ-ਉਪਾਸ਼ਕ) ਦੇ ਦੋ ਚਿੰਨ੍ਹ=ਰੁਦ੍ਰਾਖ ਦੀ ਮਾਲਾ, ਤ੍ਰਿਪੁੰਡ੍ਰ (ਗਾਂ ਦੇ ਗੋਹੇ ਦੀ ਸੁਆਹ ਨਾਲ ਮੱਥੇ ਉੱਤੇ ਪਈਆਂ ਤਿੰਨ ਲਕੀਰਾਂ) । ਜੋਗੀ ਦਾ ਇਕ ਚਿੰਨ੍ਹ=ਮੁੰਦਰਾਂ । ਸੰਨਿਆਸੀ ਦਾ ਇਕ ਚਿੰਨ੍ਹ=ਤ੍ਰਿਦੰਡ ।(੫+੩+੨+੧+੧=੧੨)]

ਦੁਆਦਸਿ ਮੁਦ੍ਰਾ ਮਨੁ—ਜਿਸ ਦਾ ਮਨ ਬਾਰਾਂ ਛਾਪਾਂ ਦਾ ਧਾਰਨੀ ਹੈ। ਅਉਧੂਤਾ-ਤਿਆਗੀ । ਅਹਿ—ਦਿਨ । ਨਿਸਿ—ਰਾਤ । ਜਾਗਹਿ—ਜਾਗਦੇ ਰਹਿੰਦੇ ਹਨ, ਸੁਚੇਤ ਰਹਿੰਦੇ ਹਨ। ਜਾਗਿ—ਜਾਗ ਕੇ । ਲਿਵ—ਸੁਰਤਿ । ਲਾਇ ਰਹੈ—ਜੋੜੀ ਰੱਖਦਾ ਹੈ। ਗੁਰ ਪਰਚੈ-ਗੁਰੂ ਦੇ ਉਪਦੇਸ਼ ਵਿਚ। ਕਾਲੁ—ਆਤਮਕ ਮੌਤ । ਅਤੀਤ—ਵਿਰਕਤ । ਬੈਰਾਈ-(ਕਾਮਾਦਿਕ) ਵੈਰੀ। ਤਹ—ਉਥੇ, ਉਸ ਟਿਕਾਣੇ ਤੇ। ੧੫।

ਅਰਥ :—ਹੇ ਭਾਈ ! (ਗੁਰੂ ਦੇ ਉਪਦੇਸ਼ ਵਿਚ ਜੁੜ ਕੇ ਜਿਹੜੇ ਮਨੁੱਖ) ਦਿਨ ਰਾਤ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ (ਮਾਇਆ ਦੇ ਮੋਹ ਦੀ ਨੀਂਦ ਵਿਚ) ਕਦੇ ਨਹੀਂ ਸੌਂਦੇ, (ਉਹੀ ਹਨ ਅਸਲ) ਤਿਆਗੀ, (ਉਹਨਾਂ ਦਾ) ਮਨ (ਮਾਨੋ, ਭੇਖਾਂ ਦੇ) ਬਾਰਾਂ ਹੀ ਚਿੰਨ੍ਹਾਂ ਦਾ ਧਾਰਨੀ ਹੁੰਦਾ ਹੈ। ਹੇ ਭਾਈ ! ਗੁਰੂ ਦੇ ਉਪਦੇਸ਼ ਵਿਚ (ਟਿਕ ਕੇ ਜਿਹੜਾ ਮਨੁੱਖ ਮਾਇਆ ਦੇ ਹੱਲਿਆਂ ਵਲੋਂ) ਜਾਗਦਾ ਰਹਿੰਦਾ ਹੈ, ਅਤੇ ਸੁਚੇਤ ਰਹਿ ਕੇ (ਪ੍ਰਭੂ-ਚਰਨਾਂ ਵਿਚ)ਸੁਰਤਿ ਜੋੜੀ ਰੱਖਦਾ ਹੈ, ਉਸ (ਦੇ ਆਤਮਕ ਜੀਵਨ) ਨੂੰ (ਆਤਮਕ) ਮੌਤ ਖਾ ਨਹੀਂ ਸਕਦੀ।

ਨਾਨਕ ਬੇਨਤੀ ਕਰਦਾ ਹੈ—(ਜਿਨ੍ਹਾਂ ਮਨੁੱਖਾਂ ਨੇ) ਉਥੇ (ਪ੍ਰਭੂ-ਚਰਨਾਂ ਵਿਚ) ਸੁਰਤਿ ਜੋੜੀ ਹੋਈ ਹੈ, ਉਹਨਾਂ ਨੇ (ਕਾਮਾਦਿਕ) ਸਾਰੇ ਵੈਰੀ ਮੁਕਾ ਲਏ, ਉਹ (ਅਸਲ) ਤਿਆਗੀ ਬਣ ਗਏ। ੧੫।

ਦੁਆਦਸੀ ਦਇਆ ਦਾਨੁ ਕਰਿ ਜਾਣੈ॥ਬਾਹਰਿ ਜਾਤੋ ਭੀਤਰਿ ਆਣੈ॥ ਬਰਤੀ ਬਰਤ ਰਹੈ ਨਿਹਕਾਮ ॥ ਅਜਪਾ ਜਾਪੁ ਜਪੈ ਮੁਖਿ ਨਾਮ ॥ਤੀਨਿ ਭਵਣ ਮਹਿ ਏਕੋ ਜਾਣੈ ॥ ਸਭਿ ਸੁਚਿ ਸੰਜਮ ਸਾਚੁ ਪਛਾਣੈ ॥ ੧੬ ॥
[ਪੰਨਾ ੮੪੦]

ਪਦ ਅਰਥ :—ਦੁਆਦਸੀ—ਬਾਰ੍ਹਵੀਂ ਥਿਤਿ। ਕਰਿ ਜਾਣੈ—ਕਰਨਾ ਜਾਣਦਾ ਹੈ। ਦਾਨੁ ਕਰਿ ਜਾਣੈ—ਦਾਨ ਕਰਨਾ ਜਾਣਦਾ ਹੈ। ਦਇਆ—ਪਿਆਰ। ਜਾਤੋ—ਜਾਂਦਾ, ਭਟਕਦਾ। ਆਣੈ—ਲਿਆਉਂਦਾ ਹੈ। ਬਰਤੀ ਬਰਤ—ਵਰਤਾਂ ਵਿਚੋਂ ਸ੍ਰੇਸ਼ਟ ਵਰਤ। ਨਿਹ-ਕਾਮੁ—ਵਾਸਨਾ ਤੋਂ ਰਹਿਤ। ਅਜਪਾ ਜਾਪੁ—ਜਪਣ ਤੋਂ ਬਿਨਾ ਕੀਤਾ ਹੋਇਆ(ਕਿਸੇ ਮੰਤ੍ਰ ਦਾ) ਜਾਪ। ਮੁਖਿ—ਮੂੰਹ ਨਾਲ। ਜਪੈ—ਜਪਦਾ ਹੈ। ਤੀਨਿ ਭਵਣ—ਤਿੰਨਾਂ ਭਵਨਾਂ ਵਿਚ, ਸਾਰੇ ਜਗਤ ਵਿਚ। ਏਕੋ—ਇਕ (ਪਰਮਾਤਮਾ)ਨੂੰ ਹੀ। ਸਭਿ—ਸਾਰੇ। ਸੰਜਮ—ਗਿਆਨ-ਇੰਦ੍ਰਿਆਂ ਨੂੰ ਵੱਸ ਵਿਚ ਕਰਨ ਦੇ ਜਤਨ। ਸੁਚਿ—ਸਰੀਰਕ ਪਵਿੱਤ੍ਰਤਾ ਦੇ ਉੱਦਮ।

ਸਾਚੁ—ਸਦਾ-ਥਿਰ ਪ੍ਰਭੂ । ਪਛਾਣੈ—ਸਾਂਝ ਪਾਂਦਾ ਹੈ । ੧੬ ।

ਅਰਥ :—ਹੇ ਭਾਈ ! (ਕਰਮ-ਕਾਂਡੀ ਮਨੁੱਖ ਕਿਸੇ ਵਰਤ ਆਦਿਕ ਸਮੇ ਮਾਇਆ ਦਾ ਦਾਨ ਕਰਦਾ ਹੈ, ਅਤੇ ਕਿਸੇ ਮੰਤ੍ਰ ਦਾ ਅਜਪਾ ਜਾਪ ਕਰਦਾ ਹੈ, ਪਰ ਜਿਹੜਾ ਮਨੁੱਖ ਬੰਦਿਆਂ ਵਿਚ) ਪਿਆਰ ਵੰਡਣਾ ਜਾਣਦਾ ਹੈ, ਬਾਹਰ ਭਟਕਦੇ ਮਨ ਨੂੰ (ਹਰਿ-ਨਾਮ ਦੀ ਸਹਾਇਤਾ ਨਾਲ ਆਪਣੇ) ਅੰਦਰ ਹੀ ਲੈ ਆਉਂਦਾ ਹੈ, ਜਿਹੜਾ ਮਨੁੱਖ ਵਾਸਨਾ-ਰਹਿਤ ਜੀਵਨ ਜੀਊਂਦਾ ਹੈ, ਅਤੇ ਮੂੰਹੋਂ ਪਰਮਾਤਮਾ ਦਾ ਨਾਮ ਜਪਦਾ ਹੈ, ਉਹ ਮਨੁੱਖ (ਮਾਨੋ) ਅਜਪਾ ਜਾਪ ਕਰ ਰਿਹਾ ਹੈ । ਹੇ ਭਾਈ ! ਜਿਹੜਾ ਮਨੁੱਖ ਸਾਰੇ ਸੰਸਾਰ ਵਿਚ ਇਕ ਪਰਮਾਤਮਾ ਨੂੰ ਹੀ ਵੱਸਦਾ ਸਮਝਦਾ ਹੈ, ਅਤੇ ਉਸ ਸਦਾ-ਥਿਰ ਪ੍ਰਭੂ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ, ਉਹ (ਮਾਨੋ) ਸਰੀਰਕ ਪਵਿਤ੍ਰਤਾ ਦੇ ਸਾਰੇ ਉੱਦਮ ਕਰ ਰਿਹਾ ਹੈ, ਗਿਆਨ-ਇੰਦ੍ਰਿਆਂ ਨੂੰ ਵੱਸ ਵਿਚ ਕਰਨ ਦੇ ਸਾਰੇ ਜਤਨ ਕਰ ਰਿਹਾ ਹੈ । ੧੬ ।

ਤੇਰਸਿ ਤਰਵਰ ਸਮੁਚ ਕਨਾਰੈ ॥ ਅੰਮ੍ਰਿਤੁ ਮੂਲੁ ਸਿਖਰਿ ਲਿਵ ਤਾਰੈ ॥ ਡਰ ਡਰਿ ਮਰੈ ਨ ਬੂਡੈ ਕੋਇ ॥ ਨਿਡਰੁ ਬੂਡਿ ਮਰੈ ਪਤਿ ਖੋਇ ॥ ਡਰ ਮਹਿ ਘਰੁ ਘਰ ਮਹਿ ਡਰੁ ਜਾਣੈ ॥ ਤਖਤਿ ਨਿਵਾਸੁ ਸਚੁ ਮਨਿ ਭਾਣੈ ॥ ੧੭ ॥ [੯੪੦]

ਪਦ ਅਰਥ :—ਤੇਰਸਿ—ਤੇਰਵੀਂ ਥਿਤਿ । ਕਨਾਰੈ—ਕੰਢੇ ਤੇ । ਤਰਵਰ—ਰੁੱਖ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਮੂਲੁ—ਮੁੱਢ, ਜੜ੍ਹ । ਸਿਖਰਿ—ਸਿਖਰ ਤੇ । ਲਿਵ ਤਾਰੈ—ਲਿਵ ਦੀ ਤਾਰ ਵਿਚ । ਡਰ—(ਸੰਸਾਰਕ) ਡਰਾਂ ਨਾਲ । ਡਰਿ ਮਰੈ ਨ—ਡਰ ਕੇ ਨਹੀਂ ਮਰਦਾ । ਨ ਬੂਡੈ—ਨਹੀਂ ਡੁੱਬਦਾ । ਨਿਡਰੁ—(ਪਰਮਾਤਮਾ ਦਾ) ਡਰ-ਅਦਬ ਨਾਂਹ ਰੱਖਣ ਵਾਲਾ । ਬੂਡਿ—(ਵਿਕਾਰਾਂ ਵਿਚ) ਡੁੱਬ ਕੇ । ਮਰੈ—ਆਤਮਕ ਮੌਤ ਸਹੇੜਦਾ ਹੈ । ਪਤਿ—ਇੱਜ਼ਤ । ਖੋਇ—ਗਵਾ ਕੇ । ਘਰੁ—ਟਿਕਾਣਾ । ਘਰ ਮਹਿ—ਹਿਰਦੇ-ਘਰ ਵਿਚ । ਜਾਣੈ—(ਜਿਹੜਾ ਮਨੁੱਖ) ਜਾਣਦਾ ਹੈ । ਤਖਤਿ—ਤਖ਼ਤ ਉੱਤੇ । ਸਚੁ—ਸਦਾ ਥਿਰ ਰਹਿਣ ਵਾਲਾ ਪ੍ਰਭੂ । ਮਨਿ-ਮਨ ਵਿਚ । ਭਾਣੈ—ਪਿਆਰਾ ਲੱਗਦਾ ਹੈ । ੧੭ ।

ਅਰਥ :—ਹੇ ਭਾਈ ! (ਜਿਵੇਂ) ਸਮੁੰਦਰ ਦੇ ਕੰਢੇ ਉੱਤੇ ਉੱਗੇ ਹੋਏ ਰੁੱਖ ਦੀ (ਪਾਂਇਆਂ ਹੈ, ਤਿਵੇਂ ਇਹ ਸਰੀਰ ਹੈ । ਪਰ ਜਿਹੜਾ ਮਨੁੱਖ) ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨੂੰ (ਆਪਣੇ ਜੀਵਨ ਦੀ) ਜੜ੍ਹ ਬਣਾਂਦਾ ਹੈ, (ਉੱਕੀ) ਸੁਰਤਿ ਦੀ ਡੋਰ ਦੀ ਬਰਕਤ ਨਾਲ ਉਹ ਸਿਖਰ ਤੇ (ਪ੍ਰਭੂ-ਚਰਨਾਂ ਵਿਚ ਜਾ ਪਹੁੰਚਦਾ ਹੈ) । (ਜਿਹੜਾ ਭੀ ਮਨੁੱਖ ਇਹ ਉੱਦਮ ਕਰਦਾ ਹੈ, ਉਹ ਸੰਸਾਰਕ) ਡਰਾਂ ਨਾਲ ਡਰ ਡਰ ਕੇ ਆਤਮਕ ਮੌਤ ਨਹੀਂ ਸਹੇੜਦਾ, ਉਹ (ਵਿਕਾਰਾਂ ਦੇ ਸਮੁੰਦਰ ਵਿਚ) ਨਹੀਂ ਡੁੱਬਦਾ । (ਪਰ

ਪਰਮਾਤਮਾ ਦਾ) ਡਰ-ਅਦਬ ਨਾਂਹ ਰੱਖਣ ਵਾਲਾ ਮਨੁੱਖ (ਲੋਕ ਪਰਲੋਕ ਦੀ) ਇੱਜ਼ਤ ਗਵਾ ਕੇ ਆਤਮਕ ਮੌਤ ਸਹੇੜ ਲੈਂਦਾ ਹੈ। ਹੇ ਭਾਈ! (ਜਿਹੜਾ ਮਨੁੱਖ ਪਰਮਾਤਮਾ ਦੇ) ਡਰ-ਅਦਬ ਵਿਚ (ਆਪਣਾ) ਟਿਕਾਣਾ ਬਣਾਈ ਰੱਖਦਾ ਹੈ, ਜਿਹੜਾ ਮਨੁੱਖ ਆਪਣੇ ਹਿਰਦੇ-ਘਰ ਵਿਚ (ਪ੍ਰਭੂ ਦਾ) ਡਰ ਅਦਬ ਵਸਾਈ ਰੱਖਣਾ ਜਾਣਦਾ ਹੈ, ਜਿਸ ਮਨੁੱਖ ਨੂੰ ਆਪਣੇ ਮਨ ਵਿਚ ਸਦਾ-ਥਿਰ ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ, ਉਸ ਨੂੰ (ਉੱਚੇ ਆਤਮਕ ਜੀਵਨ ਦੇ ਰੱਬੀ) ਤਖ਼ਤ ਉੱਤੇ ਨਿਵਾਸ ਮਿਲਦਾ ਹੈ। ੧੧।

ਚਉਦਸਿ ਚਉਥੇ ਥਾਵਹਿ ਲਹਿ ਪਾਵੈ ॥ ਰਾਜਸ ਤਾਮਸ ਸਤ ਕਾਲ ਸਮਾਵੈ ॥ ਸਸੀਅਰ ਕੈ ਘਰਿ ਸੂਰੁ ਸਮਾਵੈ ॥ ਜੋਗ ਜੁਗਤਿ ਕੀ ਕੀਮਤਿ ਪਾਵੈ ॥ ਚਉਦਸਿ ਭਵਨ ਪਾਤਾਲ ਸਮਾਏ ॥ ਖੰਡ ਬ੍ਰਹਮੰਡ ਰਹਿਆ ਲਿਵ ਲਾਏ ॥ ੧੯ ॥ [੯੪੦]

ਪਦ ਅਰਥ :–ਚਉਦਸਿ–ਪੂਰਨਮਾਸ਼ੀ ਤੋਂ ਚੌਧਵਾਂ ਦਿਨ। ਚਉਥੇ ਥਾਵਹਿ–ਚੌਥੇ ਥਾਂ ਨੂੰ, ਉਸ ਆਤਮਕ ਟਿਕਾਣੇ ਨੂੰ ਜਿੱਥੇ ਮਾਇਆ ਦੇ ਤਿੰਨ ਗੁਣ ਆਪਣਾ ਪ੍ਰਭਾਵ ਨਹੀਂ ਪਾ ਸਕਦੇ, ਤੁਰੀਆਵਸਥਾ। ਲਹਿ ਪਾਵੈ–ਲੱਭ ਲੈਂਦਾ ਹੈ, ਹਾਸਲ ਕਰ ਲੈਂਦਾ ਹੈ। ਰਾਜਸ ਤਾਮਸ ਸਤ–ਰਜੋ ਗੁਣ, ਤਮੋ ਗੁਣ, ਸਤੋ ਗੁਣ। ਕਾਲ–ਸਮਾ। ਸਮਾਵੈ–ਲੀਨ ਹੋ ਜਾਂਦਾ ਹੈ। ਸਸੀਅਰ–ਚੰਦ੍ਰਮਾ। ਕੈ ਘਰਿ–ਦੇ ਘਰ ਵਿਚ। ਸਸੀਅਰ ਕੈ ਘਰਿ–ਸ਼ਾਂਤੀ ਦੇ ਘਰ ਵਿਚ। ਸੂਰੁ–ਸੂਰਜ, ਤਪਸ਼, ਮਨ ਦੀ ਤਪਸ਼। ਜੋਗ ਜੁਗਤਿ–ਪ੍ਰਭੂ-ਮਿਲਾਪ ਦਾ ਤਰੀਕਾ। ਕੀਮਤਿ–ਕਦਰ, ਸਾਰ। ਚਉਦਸਿ ਭਵਨ–ਚੌਦਾਂ ਭਵਨਾਂ ਵਿਚ। ਲਿਵ ਲਾਏ–ਸੁਰਤਿ ਜੋੜਦਾ ਹੈ। ੧੯।

ਅਰਥ :–(ਜਦੋਂ ਮਨੁੱਖ ਗੁਰੂ ਦੀ ਕਿਰਪਾ ਨਾਲ) ਤੁਰੀਆ ਅਵਸਥਾ ਨੂੰ ਲੱਭ ਲੈਂਦਾ ਹੈ, ਤਦੋਂ ਰਜੋ ਗੁਣ ਤਮੋ ਗੁਣ ਸਤੋ ਗੁਣ (ਮਾਇਆ ਦਾ ਇਹ ਹਰੇਕ ਗੁਣ ਉਸ ਚੌਥੇ ਪਦ ਵਿਚ) ਲੀਨ ਹੋ ਜਾਂਦਾ ਹੈ। ਸ਼ਾਂਤੀ ਦੇ ਘਰ ਵਿਚ (ਮਨੁੱਖ ਦੇ ਮਨ ਦੀ) ਤਪਸ਼ ਸਮਾ ਜਾਂਦੀ ਹੈ, (ਉਸ ਵੇਲੇ ਮਨੁੱਖ ਪਰਮਾਤਮਾ ਨਾਲ) ਮਿਲਾਪ ਦੀ ਜੁਗਤੀ ਦੀ ਕਦਰ ਸਮਝਦਾ ਹੈ। ਤਦੋਂ ਮਨੁੱਖ ਉਸ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦਾ ਹੈ ਜਿਹੜਾ ਖੰਡਾਂ ਬ੍ਰਹਮੰਡਾਂ ਵਿਚ ਚੌਦਾਂ ਭਵਨਾਂ ਵਿਚ ਪਾਤਾਲਾਂ ਵਿਚ ਹਰ ਥਾਂ ਸਮਾਇਆ ਹੋਇਆ ਹੈ। ੧੯।

ਅਮਾਵਸਿਆ ਚੰਦੁ ਗੁਪਤੁ ਗੈਣਾਰਿ ॥ ਬੂਝਹੁ ਗਿਆਨੀ ਸਬਦੁ ਬੀਚਾਰਿ ॥ ਸਸੀਅਰੁ ਗਗਨਿ ਜੋਤਿ ਤਿਹੁ ਲੋਈ॥ ਕਰਿ ਕਰਿ ਵੇਖੈ ਕਰਤਾ ਸੋਈ॥ ਗੁਰ ਤੇ ਦੀਸੈ ਸੋ ਤਿਸ ਹੀ ਮਾਹਿ ॥ ਮਨਮੁਖਿ ਭੂਲੇ ਆਵਹਿ ਜਾਹਿ॥ ੨੦॥ [੯੪੦]

ਪਦ ਅਰਥ :—ਗੁਪਤੁ—ਲੁਕਿਆ ਹੋਇਆ । ਗੈਣਾਰਿ—ਆਕਾਸ਼ ਵਿਚ । ਬੀਚਾਰਿ—ਵਿਚਾਰ ਕੇ, ਮਨ ਵਿਚ ਵਸਾ ਕੇ । ਗਿਆਨੀ—ਹੇ ਆਤਮਕ ਜੀਵਨ ਦੀ ਸੂਝ ਦੇ ਖੋਜੀ ਮਨੁੱਖ ! ਸਸੀਅਰੁ—ਚੰਦ੍ਰਮਾ । ਗਗਨਿ—ਆਕਾਸ਼ ਵਿਚ । ਤਿਹੁ ਲੋਈ—ਤਿੰਨ ਲੋਕਾਂ ਵਿਚ, ਤਿੰਨ ਭਵਨਾਂ ਵਿਚ, ਸਾਰੇ ਸੰਸਾਰ ਵਿਚ । ਕਰਿ—ਪੈਦਾ ਕਰ ਕੇ । ਵੇਖੈ—ਸੰਭਾਲ ਕਰਦਾ ਹੈ । ਕਰਤਾ ਸੋਈ—ਉਹ ਕਰਤਾਰ ਹੀ । ਤੇ—ਤੋਂ, ਪਾਸੋਂ । ਦੀਸੈ—ਦਿੱਸ ਪੈਂਦਾ ਹੈ । ਸੋ—ਉਹ (ਮਨੁੱਖ) । ਤਿਸ ਹੀ—[ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ _ੁ ਉੱਡ ਗਿਆ ਹੈ] । ਤਿਸ ਹੀ ਮਾਹਿ—ਉਸ (ਪਰਮਾਤਮਾ) ਵਿਚ ਹੀ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ । ਆਵਹਿ—ਜੰਮਦੇ ਹਨ । ਜਾਹਿ—ਮਰਦੇ ਹਨ। ੧੯ ।

ਅਰਥ :—ਹੇ ਭਾਈ ! (ਜਿਵੇਂ) ਮੱਸਿਆ ਨੂੰ ਚੰਦ ਆਕਾਸ਼ ਵਿਚ ਗੁਪਤ ਰਹਿੰਦਾ ਹੈ (ਤਿਵੇਂ ਪਰਮਾਤਮਾ ਹਰੇਕ ਹਿਰਦੇ ਵਿਚ ਗੁਪਤ ਵੱਸ ਰਿਹਾ ਹੈ) । ਹੇ ਆਤਮਕ ਜੀਵਨ ਦੀ ਸੂਝ ਦੇ ਖੋਜੀ ਮਨੁੱਖ ! ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾ ਕੇ (ਹੀ ਇਸ ਭੇਤ ਨੂੰ) ਸਮਝ ਸਕੋਗੇ । (ਜਿਵੇਂ) ਚੰਦ੍ਰਮਾ ਆਕਾਸ਼ ਵਿਚ (ਹਰ ਪਾਸੇ ਚਾਨਣ ਦੇ ਰਿਹਾ ਹੈ, ਤਿਵੇਂ ਪਰਮਾਤਮਾ ਦੀ) ਜੋਤਿ ਸਾਰੇ ਸੰਸਾਰ ਵਿਚ (ਜੀਵਨ-ਸੱਤਾ ਦੇ ਰਹੀ ਹੈ) । ਉਹ ਕਰਤਾਰ ਆਪ ਹੀ (ਸਭ ਜੀਵਾਂ ਨੂੰ)ਪੈਦਾ ਕਰ ਕੇ (ਸਭ ਦੀ) ਸੰਭਾਲ ਕਰ ਰਿਹਾ ਹੈ । ਜਿਸ ਮਨੁੱਖ ਨੂੰ ਗੁਰੂ ਪਾਸੋਂ ਇਹ ਸੂਝ ਮਿਲ ਜਾਂਦੀ ਹੈ, ਉਹ ਮਨੁੱਖ ਉਸ ਪਰਮਾਤਮਾ ਵਿਚ ਹੀ ਸਦਾ ਲੀਨ ਰਹਿੰਦਾ ਹੈ ।

ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਕੁਰਾਹੇ ਪੈ ਕੇ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ । ੧੯ ।

ਘਰੁ ਦਰੁ ਥਾਪਿ ਥਿਰੁ ਥਾਨਿ ਸੁਹਾਵੈ ॥ ਆਪੁ ਪਛਾਣੈ ਜਾ ਸਤਿਗੁਰੁ ਪਾਵੈ ॥ ਜਹ ਆਸਾ ਤਹ ਬਿਨਸਿ ਬਿਨਾਸਾ ॥ ਫੂਟੈ ਖਪਰੁ ਦੁਬਿਧਾ ਮਨਸਾ॥ ਮਮਤਾ ਜਾਲ ਤੇ ਰਹੈ ਉਦਾਸਾ ॥ ਪ੍ਰਣਵਤਿ ਨਾਨਕ ਹਮ ਤਾ ਕੇ ਦਾਸਾ ॥੨੦॥ ੧ ॥ [ਪੰਨਾ ੮੪੦]

ਪਦ ਅਰਥ :—ਥਾਪਿ—ਥਾਪ ਕੇ, ਪੱਕਾ ਟਿਕਾਣਾ ਬਣਾ ਕੇ । ਘਰੁ ਦਰੁ—ਪ੍ਰਭੂ-ਚਰਨਾਂ ਨੂੰ, ਪ੍ਰਭੂ ਦੇ ਦਰ ਨੂੰ । ਥਿਰੁ—ਟਿਕ ਕੇ । ਥਾਨਿ—(ਉਸ) ਥਾਂ ਵਿਚ, ਪ੍ਰਭੂ-ਚਰਨਾਂ ਵਿਚ । ਸੁਹਾਵੈ—ਸੋਹਣਾ ਬਣ ਜਾਂਦਾ ਹੈ, ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ।ਪਛਾਣੈ—ਪਰਖਦਾ ਹੈ । ਜਾ—ਜਦੋਂ।ਪਾਵੈ—ਮਿਲਾਪ ਹਾਸਲ ਕਰਦਾ ਹੈ । ਜਹ—ਜਿੱਥੇ,ਜਿਸ ਹਿਰਦੇ ਵਿਚ ।ਤਹ—ਉਸ ਹਿਰਦੇ ਵਿਚ। ਬਿਨਸਿ—ਨਾਸ ਹੋ ਕੇ, ਆਸਾਂ ਦਾ ਨਾਸ ਹੋ ਕੇ । ਬਿਨਾਸਾ—ਆਸਾਂ ਦਾ ਅਭਾਵ । ਫੂਟੈ—

ਟੁੱਟ ਜਾਂਦਾ ਹੈ। ਖਪਰੁ–ਭਾਂਡਾ। ਦੁਬਿਧਾ–ਮੇਰ-ਤੇਰ। ਮਨਸਾ–[ਮਨੀਸ਼ਾ] ਮਨ ਦਾ ਫੁਰਨਾ। ਤੇ–ਤੋਂ। ਮਮਤਾ–ਅਪਣੱਤ, ਮਲਕੀਅਤ ਦੀ ਤਾਂਘ। ਤਾ ਕੇ–ਉਸ (ਮਨੁੱਖ) ਦੇ। ੨੦।

ਅਰਥ :–ਹੇ ਭਾਈ! ਜਦੋਂ ਮਨੁੱਖ ਗੁਰੂ (ਦਾ ਮਿਲਾਪ) ਹਾਸਲ ਕਰ ਲੈਂਦਾ ਹੈ, ਤਦੋਂ ਆਪਣੇ ਆਤਮਕ ਜੀਵਨ ਨੂੰ ਪੜਤਾਲਣਾ ਸ਼ੁਰੂ ਕਰ ਦੇਂਦਾ ਹੈ, ਅਤੇ ਪ੍ਰਭੂ-ਚਰਨਾਂ ਨੂੰ ਪ੍ਰਭੂ ਦੇ ਦਰ ਨੂੰ (ਆਪਣਾ) ਪੱਕਾ ਆਸਰਾ ਬਣਾ ਕੇ ਉਸ ਥਾਂ ਵਿਚ (ਪ੍ਰਭੂ-ਚਰਨਾਂ ਵਿਚ) ਟਿਕ ਕੇ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ। ਜਿਸ ਹਿਰਦੇ ਵਿਚ (ਪਹਿਲਾਂ ਦੁਨੀਆ ਵਾਲੀਆਂ) ਆਸਾਂ (ਹੀ ਆਸਾਂ ਟਿਕੀਆਂ ਰਹਿੰਦੀਆਂ ਸਨ) ਉਥੇ ਆਸਾਂ ਦਾ ਪੂਰਨ ਅਭਾਵ ਹੋ ਜਾਂਦਾ ਹੈ, (ਉਸ ਦੇ ਅੰਦਰੋਂ) ਮੇਰ-ਤੇਰ ਅਤੇ ਮਨ ਦੇ ਫੁਰਨਿਆਂ ਦਾ ਭਾਂਡਾ (ਹੀ) ਭੱਜ ਜਾਂਦਾ ਹੈ। ਉਹ ਮਨੁੱਖ (ਮਾਇਆ ਦੀ) ਮਮਤਾ ਦੇ ਜਾਲ ਤੋਂ ਵੱਖਰਾ ਰਹਿੰਦਾ ਹੈ। ਨਾਨਕ ਬੇਨਤੀ ਕਰਦਾ ਹੈ–ਮੈਂ ਇਹੋ ਜਿਹੇ ਮਨੁੱਖ ਦਾ (ਸਦਾ) ਦਾਸ ਹਾਂ।੨੦।੧।

ਬਿਲਾਵਲੁ ਮਹਲਾ ੩ ਵਾਰ ਸਤ ਘਰੁ ੧੦

੧ ਓ ਸਤਿਗੁਰ ਪ੍ਰਸਾਦਿ ॥ ਆਦਿਤ ਵਾਰਿ ਆਦਿ ਪੁਰਖੁ ਹੈ ਸੋਈ ॥ ਆਪੇ ਵਰਤੈ ਅਵਰੁ ਨ ਕੋਈ ॥ ਓਤਿ ਪੋਤਿ ਜਗੁ ਰਹਿਆ ਪਰੋਈ ॥ ਆਪੇ ਕਰਤਾ ਕਰੈ ਸੁ ਹੋਈ ॥ ਨਾਮਿ ਰਤੇ ਸਦਾ ਸੁਖੁ ਹੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ੧ ॥ ਹਿਰਦੈ ਜਪਨੀ ਜਪਉ ਗੁਣਤਾਸਾ ॥ ਹਰਿ ਅਗਮ ਅਗੋਚਰੁ ਅਪਰੰਪਰ ਸੁਆਮੀ ਜਨ ਪਗਿ ਲਗਿ ਧਿਆਵਉ ਹੋਇ ਦਾਸਨਿ ਦਾਸਾ ॥ ੧ ॥ ਰਹਾਉ ॥ [ਪੰਨਾ ੮੪੧]

ਪਦ ਅਰਥ :–ਆਦਿਤ–[आदित्य] ਸੂਰਜ। ਵਾਰਿ–ਵਾਰ ਵਿਚ, ਵਾਰ ਦੀ ਰਾਹੀਂ। ਆਦਿਤ ਵਾਰਿ–ਇਤਵਾਰ ਦੀ ਰਾਹੀਂ, ਸੂਰਜ ਦੇ ਦਿਨ ਦੀ ਰਾਹੀਂ। ਆਦਿ–ਸਭ ਦਾ ਮੂਲ। ਪੁਰਖੁ–ਸਰਬ-ਵਿਆਪਕ ਪ੍ਰਭੂ! ਸੋਈ–ਉਹ ਆਪ ਹੀ। ਆਪੇ–ਆਪ ਹੀ। ਵਰਤੈ–(ਹਰ ਥਾਂ) ਮੌਜੂਦ ਹੈ। ਓਤਿ–ਉਣੇ ਹੋਏ ਵਿਚ। ਪੋਤਿ–ਪ੍ਰੋਤੇ ਹੋਏ ਵਿਚ [ओत प्रोत]। ਰਹਿਆ ਪਰੋਈ–ਪ੍ਰੋ ਰਿਹਾ ਹੈ। ਨਾਮਿ–ਨਾਮ ਵਿਚ। ਰਤੇ–ਰੰਗੇ ਹੋਏ ਨੂੰ। ਗੁਰਮੁਖਿ–ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ੧।

ਹਿਰਦੈ–ਹਿਰਦੇ ਵਿਚ। ਜਪਨੀ–ਮਾਲਾ। ਜਪਉ–ਜਪਉਂ, ਮੈਂ ਜਪਦਾ ਹਾਂ। ਗੁਣਤਾਸਾ–ਗੁਣਾਂ ਦਾ ਖ਼ਜ਼ਾਨਾ ਪ੍ਰਭੂ। ਅਗਮ–ਅਪਹੁੰਚ। ਅਗੋਚਰੁ–[ਅ-ਗੋ-ਚਰੁ। ਗੋ–ਗਿਆਨ-ਇੰਦ੍ਰੇ। ਚਰੁ–ਪਹੁੰਚ] ਜੋ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ। ਅਪਰੰਪਰ–ਪਰੇ ਤੋਂ ਪਰੇ। ਜਨ ਪਗਿ–ਸੰਤ ਜਨਾਂ ਦੀ ਪੈਰੀਂ। ਲਗਿ–ਲੱਗ ਕੇ। ਹੋਇ–

ਬਣ ਕੇ। ਧਿਆਵਉ–ਧਿਆਵਉਂ, ਮੈਂ ਸਿਮਰਦਾ ਹਾਂ। ੧। ਰਹਾਉ।

ਨੋਟ ! ਮਃ ੧ ਦੀ ਬਾਣੀ 'ਥਿਤੀ' ਦੀ 'ਰਹਾਉ' ਦੀ ਤੁਕ ਗਹੁ ਨਾਲ ਪੜ੍ਹੋ–'ਕਿਆ ਜਪੁ ਜਾਪਉ ਬਿਨੁ ਜਗਦੀਸੈ'। 'ਵਾਰ ਸਤ' ਦੀ ਭੀ 'ਰਹਾਉ' ਦੀ ਤੁਕ ਵੇਖੋ– 'ਹਿਰਦੈ ਜਪਨੀ ਜਪਉ ਗੁਣ ਤਾਸਾ।' ਲਫ਼ਜ਼ਾਂ ਦੀ ਸਾਂਝ ਦੱਸਦੀ ਹੈ ਕਿ ਬਾਣੀ 'ਥਿਤੀ' ਗੁਰੂ ਅਮਰਦਾਸ ਜੀ ਪਾਸ ਮੌਜੂਦ ਸੀ, ਜਦੋਂ ਉਹਨਾਂ 'ਵਾਰ ਸਤ' ਬਾਣੀ ਲਿਖੀ। ਦੋਹਾਂ ਦਾ 'ਘਰੁ ੧੦' ਹੈ।

ਅਰਥ :–ਹੇ ਭਾਈ ! (ਸਾਰੇ ਜਗਤ ਦਾ) ਮੂਲ ਉਹ ਅਕਾਲਪੁਰਖ ਆਪ ਹੀ (ਸਭ ਥਾਂ) ਮੌਜੂਦ ਹੈ, (ਉਸ ਤੋਂ ਬਿਨਾ) ਹੋਰ ਕੋਈ ਨਹੀਂ ਹੈ। ਉਹ ਪਰਮਾਤਮਾ ਸਾਰੇ ਜਗਤ ਨੂੰ ਤਾਣੇ ਪੇਟੇ ਵਾਂਗ (ਆਪਣੀ ਰਜ਼ਾ ਵਿਚ) ਪ੍ਰੋ ਰਿਹਾ ਹੈ। (ਜਗਤ ਵਿਚ) ਉਹ ਕੁਝ ਹੁੰਦਾ ਹੈ ਜੋ ਕਰਤਾਰ ਆਪ ਹੀ ਕਰਦਾ ਹੈ। ਉਸ ਦੇ ਨਾਮ ਵਿਚ ਰੰਗੇ ਹੋਏ ਮਨੁੱਖ ਨੂੰ ਸਦਾ ਆਤਮਕ ਆਨੰਦ ਮਿਲਦਾ ਹੈ। ਪਰ ਕੋਈ ਵਿਰਲਾ ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਇਸ ਗੱਲ ਨੂੰ) ਸਮਝਦਾ ਹੈ। ੧।

ਹੇ ਭਾਈ ! ਮੈਂ (ਆਪਣੇ) ਹਿਰਦੇ ਵਿਚ ਗੁਣਾਂ ਦੇ ਖ਼ਜ਼ਾਨੇ (ਪਰਮਾਤਮਾ ਦੇ ਨਾਮ) ਨੂੰ ਜਪਦਾ ਹਾਂ (ਇਹੀ ਹੈ ਮੇਰੀ) ਮਾਲਾ। ਪਰਮਾਤਮਾ ਅਪਹੁੰਚ ਹੈ, ਪਰੇ ਤੋਂ ਪਰੇ ਹੈ, ਸਭ ਦਾ ਮਾਲਕ ਹੈ, ਉਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਮੈਂ ਤਾਂ ਸੰਤ ਜਨਾਂ ਦੀ ਚਰਨੀਂ ਲੱਗ ਕੇ ਸੰਤ ਜਨਾਂ ਦੇ ਦਾਸਾਂ ਦਾ ਦਾਸ ਬਣ ਕੇ ਉਸ ਨੂੰ ਸਿਮਰਦਾ ਹਾਂ। ੧। ਰਹਾਉ।

ਸੋਮਵਾਰਿ ਸਚਿ ਰਹਿਆ ਸਮਾਇ ॥ ਤਿਸ ਕੀ ਕੀਮਤਿ ਕਹੀ ਨ ਜਾਇ ॥ ਆਖਿ ਆਖਿ ਰਹੇ ਸਭਿ ਲਿਵ ਲਾਇ ॥ ਜਿਸੁ ਦੇਵੈ ਤਿਸੁ ਪਲੈ ਪਾਇ ॥ ਅਗਮ ਅਗੋਚਰੁ ਲਖਿਆ ਨ ਜਾਇ ॥ ਗੁਰ ਕੈ ਸਬਦਿ ਹਰਿ ਰਹਿਆ ਸਮਾਇ ॥ ੨ ॥ [ਪੰਨਾ ੮੪੧]

ਪਦ ਅਰਥ :–ਸਚਿ–ਸਦਾ ਥਿਰ ਰਹਿਣ ਵਾਲੇ ਪਰਮਾਤਮਾ ਵਿਚ। ਤਿਸ ਕੀ– [ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ]। ਆਖਿ ਆਖਿ– ਆਖ ਆਖ ਕੇ। ਰਹੇ–ਥੱਕ ਗਏ। ਸਭਿ–ਸਾਰੇ। ਲਿਵ ਲਾਇ–ਸੁਰਤਿ ਜੋੜ ਕੇ। ਦੇਵੈ–(ਸਿਫ਼ਤਿ ਸਾਲਾਹ ਦੀ ਦਾਤਿ ਪ੍ਰਭੂ ਆਪ) ਦੇਂਦਾ ਹੈ। ਤਿਸੁ ਪਲੈ ਪਾਇ–ਉਸ ਦੇ ਪੱਲੇ ਵਿਚ ਪੈਂਦੀ ਹੈ, ਉਸ ਨੂੰ ਮਿਲਦੀ ਹੈ। ਲਖਿਆ ਨ ਜਾਇ–(ਸਹੀ ਸਰੂਪ) ਬਿਆਨ ਨਹੀਂ ਕੀਤਾ ਜਾ ਸਕਦਾ। ਗੁਰ ਕੈ ਸਬਦਿ–ਗੁਰੂ ਦੇ ਸ਼ਬਦ ਦੀ ਰਾਹੀਂ। ਰਹਿਆ ਸਮਾਇ–ਲੀਨ ਹੋਇਆ ਰਹਿੰਦਾ ਹੈ। ੨।

ਅਰਥ :–ਹੇ ਭਾਈ ! (ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ) ਸਦਾ-ਥਿਰ

ਪਰਮਾਤਮਾ (ਦੀ ਯਾਦ) ਵਿਚ ਲੀਨ ਹੋਇਆ ਰਹਿੰਦਾ ਹੈ (ਉਸ ਦਾ ਆਤਮਕ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ) ਉਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ। (ਪਰ ਇਹ ਸਿਮਰਨ ਤੇ ਯਾਦ ਦੀ ਦਾਤਿ) ਜਿਸ (ਮਨੁੱਖ) ਨੂੰ (ਪਰਮਾਤਮਾ ਆਪ) ਦੇਂਦਾ ਹੈ, ਉਸ ਨੂੰ (ਹੀ) ਮਿਲਦੀ ਹੈ, (ਆਪਣੇ ਉੱਦਮ ਨਾਲ ਸੁਰਤਾਂ ਜੋੜਨ ਵਾਲੇ ਅਤੇ ਸਿਫ਼ਤਾਂ ਆਖਣ ਵਾਲੇ ਮਨੁੱਖ) ਸਿਫ਼ਤਾਂ ਆਖ ਆਖ ਕੇ ਅਤੇ ਸੁਰਤਿ ਜੋੜ ਜੋੜ ਕੇ ਸਾਰੇ ਹੀ ਥੱਕ ਜਾਂਦੇ ਹਨ।

ਹੇ ਭਾਈ! ਪਰਮਾਤਮਾ ਅਪਹੁੰਚ ਹੈ, ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ਗੁਰੂ ਦੇ ਸ਼ਬਦ ਦੀ ਰਾਹੀਂ (ਹੀ ਮਨੁੱਖ) ਪਰਮਾਤਮਾ ਵਿਚ ਲੀਨ ਰਹਿ ਸਕਦਾ ਹੈ। ੨।

ਮੰਗਲਿ ਮਾਇਆ ਮੋਹੁ ਉਪਾਇਆ ॥ ਆਪੇ ਸਿਰਿ ਸਿਰਿ ਧੰਧੈ ਲਾਇਆ ॥ ਆਪਿ ਬੁਝਾਏ ਸੋਈ ਬੂਝੈ ॥ ਗੁਰ ਕੈ ਸਬਦਿ ਦਰੁ ਘਰੁ ਸੂਝੈ ॥ ਪ੍ਰੇਮ ਭਗਤਿ ਕਰੇ ਲਿਵ ਲਾਇ ॥ ਹਉਮੈ ਮਮਤਾ ਸਬਦਿ ਜਲਾਇ॥ ੩॥ [ਪੰਨਾ ੮੪੧]

ਪਦ ਅਰਥ :—ਮੰਗਲਿ—ਮੰਗਲ (ਵਾਰ) ਦੀ ਰਾਹੀਂ। ਆਪੇ—ਆਪ ਹੀ। ਸਿਰਿ—ਸਿਰ ਉੱਤੇ। ਸਿਰਿ ਸਿਰਿ—ਹਰੇਕ (ਜੀਵ ਦੇ) ਸਿਰ ਉੱਤੇ। ਧੰਧੈ—ਮਾਇਆ ਦੇ) ਧੰਧੇ ਵਿਚ। ਬੁਝਾਏ—ਸਮਝ ਬਖ਼ਸ਼ਦਾ ਹੈ। ਬੂਝੈ—ਸਮਝਦਾ ਹੈ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਦਰੁ ਘਰੁ—ਪਰਮਾਤਮਾ ਦਾ ਦਰਵਾਜ਼ਾ ਪਰਮਾਤਮਾ ਦਾ ਟਿਕਾਣਾ। ਸੂਝੈ—ਦਿੱਸਦਾ ਹੈ। ਲਿਵ ਲਾਇ—ਸੁਰਤਿ ਜੋੜ ਕੇ। ਸਬਦਿ—ਸ਼ਬਦ ਦੀ ਰਾਹੀਂ। ੩।

ਅਰਥ :—ਹੇ ਭਾਈ! (ਪਰਮਾਤਮਾ ਨੇ) ਮਾਇਆ ਦਾ ਮੋਹ (ਆਪ ਹੀ) ਪੈਦਾ ਕੀਤਾ ਹੈ, ਆਪ ਹੀ (ਇਸ ਮੋਹ ਨੂੰ) ਹਰੇਕ (ਜੀਵ ਦੇ) ਸਿਰ ਉੱਤੇ (ਥਾਪ ਕੇ ਹਰੇਕ ਨੂੰ ਮਾਇਆ ਦੇ) ਧੰਧੇ ਵਿਚ ਲਾਇਆ ਹੋਇਆ ਹੈ। ਜਿਸ ਮਨੁੱਖ ਨੂੰ (ਪਰਮਾਤਮਾ) ਆਪ ਸਮਝ ਬਖ਼ਸ਼ਦਾ ਹੈ, ਉਹੀ (ਇਸ ਮੋਹ ਦੀ ਖੇਡ ਨੂੰ) ਸਮਝਦਾ ਹੈ। ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉਸ ਨੂੰ (ਪਰਮਾਤਮਾ ਦਾ) ਦਰ-ਘਰ ਦਿੱਸ ਪੈਂਦਾ ਹੈ। ਉਹ ਮਨੁੱਖ ਸੁਰਤਿ ਜੋੜ ਕੇ ਪ੍ਰੇਮ ਨਾਲ ਪਰਮਾਤਮਾ ਦੀ ਭਗਤੀ ਕਰਦਾ ਹੈ, (ਤੇ, ਇਸ ਤਰ੍ਹਾਂ) ਸ਼ਬਦ ਦੀ ਬਰਕਤਿ ਨਾਲ (ਆਪਣੇ ਅੰਦਰੋਂ) ਹਉਮੈ ਅਤੇ (ਮਾਇਆ ਦੀ) ਮਮਤਾ ਸਾੜ ਲੈਂਦਾ ਹੈ। ੩।

ਬੁਧਵਾਰਿ ਆਪੇ ਬੁਧਿ ਸਾਰੁ ॥ ਗੁਰਮੁਖਿ ਕਰਣੀ ਸਬਦੁ ਵੀਚਾਰੁ ॥ ਨਾਮਿ ਰਤੇ ਮਨੁ ਨਿਰਮਲੁ ਹੋਇ ॥ ਹਰਿ ਗੁਣ ਗਾਵੈ ਹਉਮੈ ਮਲੁ ਖੋਇ ॥

ਦਰਿ ਸਚੈ ਸਦ ਸੋਭਾ ਪਾਏ ॥ ਨਾਮਿ ਰਤੇ ਗੁਰ ਸਬਦਿ ਸੁਹਾਏ ॥੪॥ ਲਾਹਾ ਨਾਮੁ ਪਾਏ ਗੁਰ ਦੁਆਰਿ ॥ ਆਪੇ ਦੇਵੈ ਦੇਵਣਹਾਰੁ ॥ ਜੋ ਦੇਵੈ ਤਿਸ ਕਉ ਬਲਿ ਜਾਈਐ ॥ ਗੁਰ ਪਰਸਾਦੀ ਆਪੁ ਗਵਾਈਐ ॥ ਨਾਨਕ ਨਾਮੁ ਰਖਹੁ ਉਰਧਾਰਿ ॥ ਦੇਵਣਹਾਰੇ ਕਉ ਜੈਕਾਰੁ ॥ ੫ ॥ [੮੪੧]

ਪਦ ਅਰਥ :—ਆਪੇ—ਆਪ ਹੀ (ਦੇਂਦਾ ਹੈ) । ਬੁਧਿ ਸਾਰੁ—ਬੁੱਧੀ ਦਾ ਸਾਰ, ਸ੍ਰੇਸ਼ਟ ਬੁੱਧੀ [ਸਾਰੁ—ਤੱਤ, ਨਚੋੜ] । ਗੁਰਮੁਖਿ—ਗੁਰੂ ਦੇ ਸਨਮੁਖ ਰੱਖ ਕੇ, ਗੁਰੂ ਦੀ ਰਾਹੀਂ । ਕਰਣੀ—ਚੰਗਾ ਆਚਰਨ । ਵੀਚਾਰੁ—(ਗੁਣਾਂ ਨੂੰ) ਮਨ ਵਿਚ ਵਸਾਣਾ । ਨਾਮਿ ਰਤੇ ਮਨੁ—ਨਾਮ ਵਿਚ ਰੰਗੇ ਹੋਏ (ਮਨੁੱਖ) ਦਾ ਮਨ । ਖੋਇ—ਦੂਰ ਕਰ ਕੇ । ਦਰਿ—ਦਰ ਤੇ । ਦਰਿ ਸਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ । ਸਦ—ਸਦਾ । ਨਾਮਿ ਰਤੇ—ਨਾਮ ਵਿਚ ਰੰਗੇ ਹੋਏ ਮਨੁੱਖ । ਸਬਦਿ—ਸ਼ਬਦ ਦੀ ਰਾਹੀਂ। ਸੁਹਾਇ—ਸੋਹਣੇ ਜੀਵਨ ਵਾਲੇ ਬਣ ਜਾਂਦੇ ਹਨ । ੪ ।

ਲਾਹਾ—ਲਾਭ । ਗੁਰ ਦੁਆਰਿ—ਗੁਰੂ ਦੇ ਦਰ ਤੇ । ਦੇਵਣਹਾਰੁ—ਦੇ ਸਕਣ ਵਾਲਾ ਪ੍ਰਭੂ । ਜੋ—ਜਿਹੜਾ ਪ੍ਰਭੂ । ਤਿਸ ਕਉ—[ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਤਿਸੁ' ਦਾ - ੁ ਉੱਡ ਗਿਆ ਹੈ] । ਬਲਿ ਜਾਈਐ—ਕੁਰਬਾਨ ਜਾਣਾ ਚਾਹੀਦਾ ਹੈ । ਪਰਸਾਦੀ—ਕਿਰਪਾ ਨਾਲ, ਪਰਸਾਦਿ । ਆਪੁ—ਆਪਾ-ਭਾਵ, ਹਉਮੈ । ਗਵਾਈਐ—ਦੂਰ ਕਰਨਾ ਚਾਹੀਦਾ ਹੈ । ਉਰ—ਹਿਰਦਾ ।ਉਰ ਧਾਰਿ—ਹਿਰਦੇ ਵਿਚ ਟਿਕਾ ਕੇ ।ਕਉ—ਨੂੰ । ਜੈਕਾਰੁ—ਸਿਫ਼ਤਿ ਸਾਲਾਹ, ਵਡਿਆਈ । ੫ ।

ਅਰਥ :—ਹੇ ਭਾਈ ! (ਪਰਮਾਤਮਾ) ਆਪ ਹੀ (ਮਨੁੱਖ ਨੂੰ) ਗੁਰੂ ਦੀ ਸਰਨ ਵਿਚ ਰੱਖ ਕੇ ਸ੍ਰੇਸ਼ਟ ਬੁੱਧੀ, ਉੱਚਾ ਆਚਰਨ, ਸਿਫ਼ਤਿ-ਸਾਲਾਹ ਅਤੇ (ਆਪਣੇ ਗੁਣਾਂ ਦੀ) ਵਿਚਾਰ (ਬਖ਼ਸ਼ਦਾ ਹੈ, ਇਸ ਤਰ੍ਹਾਂ ਉਸ ਦੇ) ਨਾਮ ਵਿਚ ਰੰਗੇ ਹੋਏ ਮਨੁੱਖ ਦਾ ਮਨ ਪਵਿੱਤਰ ਹੋ ਜਾਂਦਾ ਹੈ, (ਮਨੁੱਖ ਆਪਣੇ ਅੰਦਰੋਂ) ਹਉਮੈ ਦੀ ਮੈਲ ਦੂਰ ਕਰ ਕੇ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, ਤੇ, ਸਦਾ-ਥਿਰ ਪ੍ਰਭੂ ਦੇ ਦਰ ਤੇ ਸਦਾ ਸੋਭਾ ਖੱਟਦਾ ਹੈ ।

ਹੇ ਭਾਈ ! ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਨਾਮ ਵਿਚ ਰੰਗੇ ਹੋਏ ਮਨੁੱਖ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ । ੪ ।

ਹੇ ਭਾਈ ! ਗੁਰੂ ਦੇ ਦਰ ਤੇ (ਰਹਿ ਕੇ ਮਨੁੱਖ ਪਰਮਾਤਮਾ ਦਾ) ਨਾਮ-ਲਾਭ ਖੱਟ ਲੈਂਦਾ ਹੈ, (ਪਰ ਇਹ ਦਾਤਿ ਹੈ, ਤੇ ਇਹ ਦਾਤਿ) ਦੇਣ ਦੀ ਸਮਰਥਾ ਵਾਲਾ ਪ੍ਰਭੂ ਆਪ ਹੀ ਦੇਂਦਾ ਹੈ । ਸੋ, ਜਿਹੜਾ ਪ੍ਰਭੂ (ਇਹ ਦਾਤਿ) ਦੇਂਦਾ ਹੈ ਉਸ ਤੋਂ (ਸਦਾ) ਸਦਕੇ

ਜਾਣਾ ਚਾਹੀਦਾ ਹੈ, ਗੁਰੂ ਦੀ ਕਿਰਪਾ ਨਾਲ (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰਨਾ ਚਾਹੀਦਾ ਹੈ।

ਹੇ ਨਾਨਕ! (ਆਖ—ਹੇ ਭਾਈ!) ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਵਸਾਈ ਰੱਖੋ, ਤੇ, ਉਸ ਸਭ ਕੁਝ ਦੇ ਸਕਣ ਵਾਲੇ ਪ੍ਰਭੂ ਦੀ ਸਿਫ਼ਤਿ ਸਾਲਾਹ ਸਦਾ ਕਰਦੇ ਰਹੋ।੫।

ਵੀਰਵਾਰਿ ਵੀਰ ਭਰਮਿ ਭੁਲਾਏ ॥ ਪ੍ਰੇਤ ਭੂਤ ਸਭਿ ਦੂਜੈ ਲਾਏ ॥ ਆਪਿ ਉਪਾਏ ਕਰਿ ਵੇਖੈ ਵੇਕਾ ॥ ਸਭਨਾ ਕਰਤੇ ਤੇਰੀ ਟੇਕਾ ॥ ਜੀਅ ਜੰਤ ਤੇਰੀ ਸਰਣਾਈ ॥ ਸੋ ਮਿਲੈ ਜਿਸੁ ਲੈਹਿ ਮਿਲਾਈ ॥ ੬ ॥ ਸੁਕ੍ਰਵਾਰਿ ਪ੍ਰਭੁ ਰਹਿਆ ਸਮਾਈ ॥ ਆਪਿ ਉਪਾਇ ਸਭ ਕੀਮਤਿ ਪਾਈ ॥ ਗੁਰਮੁਖਿ ਹੋਵੈ ਸੁ ਕਰੈ ਬੀਚਾਰੁ ॥ ਸਚੁ ਸੰਜਮੁ ਕਰਣੀ ਹੈ ਕਾਰ ॥ ਵਰਤੁ ਨੇਮੁ ਨਿਤਾਪ੍ਰਤਿ ਪੂਜਾ ॥ ਬਿਨੁ ਬੂਝੇ ਸਭੁ ਭਾਉ ਹੈ ਦੂਜਾ ॥ ੭ ॥ ਛਨਿਛਰਵਾਰਿ ਸਉਣ ਸਾਸਤ ਬੀਚਾਰੁ ॥ ਹਉਮੈ ਮੇਰਾ ਭਰਮੈ ਸੰਸਾਰੁ ॥ ਮਨਮੁਖੁ ਅੰਧਾ ਦੂਜੈ ਭਾਇ ॥ ਜਮ ਦਰਿ ਬਾਧਾ ਚੋਟਾ ਖਾਇ ॥ ਗੁਰ ਪਰਸਾਦੀ ਸਦਾ ਸੁਖੁ ਪਾਏ ॥ ਸਚੁ ਕਰਣੀ ਸਾਚਿ ਲਿਵ ਲਾਏ ॥ ੮ ॥ [੮੪੧]

ਪਦ ਅਰਥ :—ਵੀਰਵਾਰਿ—ਵੀਰਵਾਰ ਦੀ ਰਾਹੀਂ। ਵੀਰ ਬਵੰਜਾ ਬੀਰ (ਹਨੂਮਾਨ ਆਦਿਕ)। ਭਰਮਿ—ਭਟਕਣਾ ਵਿਚ (ਪਾ ਕੇ) ਭੁਲਾਏ—ਕੁਰਾਹੇ ਪਾ ਰੱਖੇ। ਸਭਿ—ਸਾਰੇ। ਦੂਜੈ—ਮਾਇਆ ਦੇ ਮੋਹ ਵਿਚ। ਲਾਏ—ਲਾ ਦਿੱਤੇ। ਉਪਾਏ—ਪੈਦਾ ਕੀਤੇ। ਕਰਿ—ਕਰ ਕੇ, ਬਣਾ ਕੇ। ਵੇਕਾ—ਵੱਖ ਵੱਖ ਕਿਸਮ ਦੇ। ਵੇਖੈ—ਵੇਖਦਾ ਹੈ, ਸੰਭਾਲ ਕਰਦਾ ਹੈ। ਕਰਤੇ—ਹੇ ਕਰਤਾਰ! ਟੇਕਾ—ਆਸਰਾ। ਮਿਲੈ—(ਤੈਨੂੰ) ਮਿਲਦਾ ਹੈ। ਲੈਹਿ ਮਿਲਾਈ—ਤੂੰ (ਆਪ) ਮਿਲਾ ਲੈਂਦਾ ਹੈਂ।੬।

ਉਪਾਇ—ਪੈਦਾ ਕਰ ਕੇ। ਸਭ—ਸਾਰੀ ਸ੍ਰਿਸ਼ਟੀ। ਕੀਮਤਿ—ਕਦਰ। ਗੁਰਮੁਖਿ—ਗੁਰੂ ਦੇ ਸਨਮੁਖ। ਸੁ—ਉਹ ਮਨੁੱਖ। ਸਚੁ—ਸਦਾ-ਥਿਰ ਹਰਿ-ਨਾਮ ਦਾ ਸਿਮਰਨ। ਸੰਜਮੁ—ਇੰਦ੍ਰਿਆਂ ਨੂੰ ਵਿਕਾਰਾਂ ਤੋਂ ਬਚਾਈ ਰੱਖਣ ਦਾ ਉੱਦਮ। ਕਰਣੀ—ਕਰਤੱਬ। ਕਾਰ—ਰੋਜ਼ਾਨਾ ਕੰਮ। ਨਿਤਾਪ੍ਰਤਿ—ਸਦਾ ਦੀ, ਰੋਜ਼ਾਨਾ। ਪੂਜਾ—ਦੇਵ-ਪੂਜਾ। ਸਭੁ—ਸਾਰਾ। ਭਾਉ—ਪਿਆਰ। ਦੂਜਾ ਭਾਉ—(ਪ੍ਰਭੂ ਤੋਂ ਬਿਨਾ ਕਿਸੇ) ਹੋਰ ਦਾ ਪਿਆਰ।੭।

ਸਉਣ—ਸ਼ੋਨਕ ਰਿਸ਼ੀ। ਸਉਣ ਸਾਸਤ—ਸ਼ੋਨਕ ਦਾ ਲਿਖਿਆ ਜੋਤਿਸ਼ ਸ਼ਾਸਤ੍ਰ। ਮੇਰਾ—ਮਮਤਾ। ਭਰਮੈ—ਭਟਕਦਾ ਹੈ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਦੂਜੈ ਭਾਇ—ਮਾਇਆ ਦੇ ਪਿਆਰ ਵਿਚ। [ਭਾਉ—ਪਿਆਰ। ਭਾਇ—ਪਿਆਰ

ਵਿਚ]। ਦਰਿ–ਦਰ ਤੇ। ਸਾਚਿ–ਸਦਾ-ਥਿਰ ਪ੍ਰਭੂ ਵਿਚ। ਲਿਵ ਲਾਇ–ਸੁਰਤਿ ਜੋੜਦਾ ਹੈ। ੮।

ਅਰਥ :–ਹੇ ਭਾਈ ! (ਬਵੰਜਾ) ਬੀਰਾਂ ਨੂੰ (ਭੀ ਪਰਮਾਤਮਾ ਨੇ)ਭਟਕਣਾ ਵਿਚ ਪਾ ਕੇ (ਮਾਇਆ ਦੇ ਮੋਹ ਵਿਚ) ਭੁਲਾਈ ਰੱਖਿਆ, ਸਾਰੇ ਭੂਤ ਪ੍ਰੇਤ ਭੀ ਮਾਇਆ ਦੇ ਮੋਹ ਵਿਚ ਲਾਏ ਹੋਏ ਹਨ । ਪਰਮਾਤਮਾ ਨੇ ਆਪ (ਹੀ ਇਹ ਸਾਰੇ) ਪੈਦਾ ਕੀਤੇ, (ਇਹਨਾਂ ਨੂੰ) ਵੱਖ ਵੱਖ ਕਿਸਮਾਂ ਦੇ ਬਣਾ ਕੇ (ਸਭ ਦੀ) ਸੰਭਾਲ (ਭੀ) ਕਰਦਾ ਹੈ।

ਹੇ ਕਰਤਾਰ ! ਸਭ ਜੀਵਾਂ ਨੂੰ ਤੇਰਾ ਹੀ ਆਸਰਾ ਹੈ। ਸਾਰੇ ਜੀਵ ਜੰਤ ਤੇਰੀ ਸਰਨ ਹਨ। ਉਹ ਮਨੁੱਖ (ਹੀ ਤੈਨੂੰ) ਮਿਲਦਾ ਹੈ ਜਿਸ ਨੂੰ ਤੂੰ ਆਪ (ਆਪਣੇ ਨਾਲ) ਮਿਲਾਂਦਾ ਹੈਂ। ੬।

ਹੇ ਭਾਈ ! (ਸਾਰੀ ਸ੍ਰਿਸ਼ਟੀ ਵਿਚ) ਪਰਮਾਤਮਾ ਵਿਆਪਕ ਹੈ, (ਸ੍ਰਿਸ਼ਟੀ ਨੂੰ) ਆਪ (ਹੀ) ਪੈਦਾ ਕਰ ਕੇ ਸਾਰੀ ਸ੍ਰਿਸ਼ਟੀ ਦੀ ਕਦਰ ਭੀ ਆਪ ਹੀ ਜਾਣਦਾ ਹੈ।

ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ, ਉਹ ਮਨੁੱਖ(ਪਰਮਾਤਮਾ ਦੇ ਗੁਣਾਂ ਨੂੰ) ਆਪਣੇ ਮਨ ਵਿਚ ਵਸਾਂਦਾ ਹੈ। ਸਦਾ-ਥਿਰ ਹਰਿ-ਨਾਮ ਦਾ ਸਿਮਰਨ, ਅਤੇ ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਬਚਾਈ ਰੱਖਣ ਦਾ ਉੱਦਮ–ਇਹ ਉਸ ਮਨੁੱਖ ਦਾ ਨਿੱਤ ਦਾ ਕਰਤੱਬ, ਨਿੱਤ ਦੀ ਕਾਰ ਹੋ ਜਾਂਦੀ ਹੈ।

ਪਰ ਵਰਤ ਰੱਖਣਾ, ਕਰਮ ਕਾਂਡ ਦਾ ਹਰੇਕ ਨੇਮ ਨਿਬਾਹੁਣਾ, ਰੋਜ਼ਾਨਾ ਦੇਵ-ਪੂਜਾ–ਆਤਮਕ ਜੀਵਨ ਦੀ ਸੂਝ ਤੋਂ ਬਿਨਾ ਇਹ ਸਾਰਾ ਉੱਦਮ ਮਾਇਆ ਦਾ ਪਿਆਰ (ਹੀ ਪੈਦਾ ਕਰਨ ਵਾਲਾ) ਹੈ। ੭।

ਹੇ ਭਾਈ ! (ਪਰਮਾਤਮਾ ਦਾ ਸਿਮਰਨ ਛੱਡ ਕੇ) ਸ਼ੌਨਕ ਦਾ ਜੋਤਿਸ਼ ਸ਼ਾਸਤ੍ਰ (ਆਦਿਕ) ਵਿਚਾਰਦੇ ਰਹਿਣਾ–(ਇਸ ਦੇ ਕਾਰਣ) ਜਗਤ ਮਮਤਾ ਅਤੇ ਹਉਮੈ ਵਿਚ ਭਟਕਦਾ ਰਹਿੰਦਾ ਹੈ। ਆਤਮਕ ਜੀਵਨ ਵਲੋਂ ਅੰਨ੍ਹਾ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, (ਅਜਿਹਾ ਮਨੁੱਖ) ਜਮਰਾਜ ਦੇ ਦਰ ਤੇ ਬੱਝਾ ਹੋਇਆ (ਵਿਕਾਰਾਂ ਦੀਆਂ) ਸੱਟਾਂ ਖਾਂਦਾ ਰਹਿੰਦਾ ਹੈ।

ਜਿਹੜਾ ਮਨੁੱਖ ਗੁਰੂ ਦੀ ਕਿਰਪਾ ਨਾਲ ਸਦਾ-ਥਿਰ ਹਰਿ-ਨਾਮ ਸਿਮਰਨ ਨੂੰ (ਆਪਣਾ ਰੋਜ਼ਾਨਾ)ਕਰਤੱਬ ਬਣਾਂਦਾ ਹੈ ਅਤੇ ਸਦਾ-ਥਿਰ ਪ੍ਰਭੂ ਵਿਚ ਸੁਰਤਿ ਜੋੜੀ ਰੱਖਦਾ ਹੈ, ਉਹ ਸਦਾ ਆਤਮਕ ਆਨੰਦ ਮਾਣਦਾ ਹੈ। ੮।

ਸਤਿਗੁਰੁ ਸੇਵਹਿ ਸੇ ਵਡਭਾਗੀ॥ ਹਉਮੈ ਮਾਰਿ ਸਚਿ ਲਿਵ ਲਾਗੀ॥ ਤੇਰੈ ਰੰਗਿ ਰਾਤੇ ਸਹਜਿ ਸੁਭਾਇ॥ ਤੂ ਸੁਖਦਾਤਾ ਲੈਹਿ ਮਿਲਾਇ ॥ ਏਕਸ ਤੇ ਦੂਜਾ ਨਾਹੀ ਕੋਇ ॥ ਗੁਰਮੁਖਿ ਬੂਝੈ ਸੋਝੀ ਹੋਇ ॥ ੯ ॥ਪੰਦ੍ਰਹ ਥਿਤੀ

ਤੈ ਸਤ ਵਾਰ ॥ ਮਾਹਾ ਰੁਤੀ ਆਵਹਿ ਵਾਰ ਵਾਰ ॥ ਦਿਨਸੁ ਰੈਣਿ ਤਿਵੈ ਸੰਸਾਰੁ ॥ ਆਵਾਗਉਣੁ ਕੀਆ ਕਰਤਾਰਿ ॥ ਨਿਹਚਲੁ ਸਾਚੁ ਰਹਿਆ ਕਲ ਧਾਰਿ ॥ ਨਾਨਕ ਗੁਰਮੁਖਿ ਬੂਝੈ ਕੋ ਸਬਦੁ ਵੀਚਾਰਿ ॥੧੦॥੧॥ [੮੪੧]

ਪਦ ਅਰਥ :—ਸੇਵਹਿ—ਸੇਂਵਦੇ ਹਨ, ਸੇਵਾ-ਭਗਤੀ ਕਰਦੇ ਹਨ, ਸਰਨ ਪੈਂਦੇ ਹਨ [ਬਹੁ ਵਚਨ]। ਸੇ—ਉਹ [ਬਹੁ ਵਚਨ] । ਮਾਰਿ—ਮਾਰ ਕੇ । ਸਚਿ—ਸਦਾ-ਥਿਰ ਪ੍ਰਭੂ ਵਿਚ। ਲਿਵ—ਸੁਰਤਿ। ਤੇਰੈ ਸੰਗਿ—ਤੇਰੇ (ਪ੍ਰੇਮ-) ਰੰਗ ਵਿਚ। ਰਾਤੇ—ਰੰਗੇ ਹੋਏ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪਿਆਰ ਵਿਚ । ਲੈਹਿ ਮਿਲਾਇ—ਤੂੰ ਮਿਲਾ ਲੈਂਦਾ ਹੈਂ । ਤੇ—ਤੋਂ (ਬਿਨਾ) । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਬੂਝੈ—ਸਮਝ ਲੈਂਦਾ ਹੈ। ੯ ।

ਤੈ—ਅਤੇ। ਵਾਰ—ਦਿਨ (ਸੂਰਜ ਦੇ ਹਿਸਾਬ)। ਥਿਤੰੀ—ਚੰਦ ਦੇ ਹਿਸਾਬ ਦਿਹਾੜੇ। ਮਾਹਾ—ਮਹੀਨੇ। ਰੁਤੀ—ਰੁੱਤਾਂ। ਆਵਹਿ—ਆਉਂਦੇ ਹਨ। ਵਾਰ ਵਾਰ—ਆਪਣੀ ਆਪਣੀ ਵਾਰੀ, ਮੁੜ ਮੁੜ। ਰੈਣਿ—ਰਾਤ। ਤਿਵੈ—ਉਸੇ ਤਰ੍ਹਾਂ। ਆਵਾਗਉਣੁ—ਜਨਮ ਮਰਨ ਦਾ ਗੇੜ। ਕਰਤਾਰਿ—ਕਰਤਾਰ ਨੇ। ਨਿਹਚਲੁ—ਅਟੱਲ। ਸਾਚੁ—ਸਦਾ-ਥਿਰ ਪ੍ਰਭੂ। ਕਲ—ਸੱਤਾ, ਤਾਕਤ। ਰਹਿਆ ਧਾਰਿ—ਟਿਕਾ ਰਿਹਾ ਹੈ। ਕੋ—ਕੋਈ ਵਿਰਲਾ। ੧੦।

ਨੋਟ :—ਗੁਰੂ ਅਮਰਦਾਸ ਜੀ ਦੀ ਇਸ ਬਾਣੀ ਦਾ ਸਿਰਲੇਖ ਹੈ 'ਵਾਰ ਸਤ' । ਅਖ਼ੀਰਲੀ ਪਉੜੀ ਨੰ: ੧੦ ਵਿਚ ਆਪ 'ਥਿੰਤੀ' ਦਾ ਭੀ ਜ਼ਿਕਰ ਕਰ ਰਹੇ ਹਨ। ਇਸ ਦਾ ਕਾਰਨ ਸਿਰਫ਼ ਇਹ ਹੈ ਕਿ ਗੁਰੂ ਅਮਰਦਾਸ ਜੀ ਪਾਸ ਗੁਰੂ ਨਾਨਕ ਦੇਵ ਦੀ ਇਹ ਬਾਣੀ ਮੌਜੂਦ ਸੀ।

ਅਰਥ:—ਹੇ ਭਾਈ! ਉਹ ਮਨੁੱਖ ਵੱਡੇ ਭਾਗਾਂ ਵਾਲੇ ਹੁੰਦੇ ਹਨ ਜਿਹੜੇ ਗੁਰੂ ਦੀ ਸਰਨ ਆ ਪੈਂਦੇ ਹਨ, (ਆਪਣੇ ਅੰਦਰੋਂ) ਹਉਮੈ ਮੁਕਾ ਕੇ (ਉਹਨਾਂ ਦੀ) ਸੁਰਤਿ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਲੱਗ ਜਾਂਦੀ ਹੈ।

ਹੇ ਪ੍ਰਭੂ! (ਗੁਰੂ ਦੀ ਸਰਨ ਆਉਣ ਵਾਲੇ ਮਨੁੱਖ) ਤੇਰੇ ਪਿਆਰ-ਰੰਗ ਵਿਚ ਟਿਕੇ ਰਹਿੰਦੇ ਹਨ। ਸਾਰੇ ਸੁਖ ਦੇਣ ਵਾਲਾ ਤੂੰ (ਆਪ ਹੀ ਉਹਨਾਂ ਨੂੰ ਆਪਣੇ ਚਰਨਾਂ ਵਿਚ) ਮਿਲਾ ਲੈਂਦਾ ਹੈਂ।

ਹੇ ਭਾਈ! ਇਕ ਪਰਮਾਤਮਾ ਤੋਂ ਬਿਨਾ (ਉਸ ਵਰਗਾ) ਹੋਰ ਕੋਈ ਨਹੀਂ। ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਇਸ ਗੱਲ ਨੂੰ) ਸਮਝ ਲੈਂਦਾ ਹੈ, (ਉਸ ਨੂੰ ਆਤਮਕ ਜੀਵਨ ਦੀ ਸੂਝ ਆ ਜਾਂਦੀ ਹੈ। ੯।

ਹੇ ਭਾਈ! (ਜਿਵੇਂ) ਪੰਦ੍ਰਾਂ ਥਿੱਤਾਂ ਅਤੇ ਸੱਤ ਵਾਰ, ਮਹੀਨੇ, ਰੁੱਤਾਂ, ਰਾਤ, ਦਿਨ ਮੁੜ ਮੁੜ ਆਉਂਦੇ ਰਹਿੰਦੇ ਹਨ, ਤਿਵੇਂ ਇਹ ਜਗਤ ਹੈ (ਭਾਵ, ਜਗਤ ਦੇ ਜੀਵ ਜੰਮਦੇ

ਮਰਦੇ ਰਹਿੰਦੇ ਹਨ)। ਕਰਤਾਰ ਨੇ (ਆਪ ਹੀ ਜੀਵਾਂ ਵਾਸਤੇ) ਜਨਮ ਮਰਨ ਦਾ ਗੇੜ ਬਣਾ ਦਿੱਤਾ ਹੈ। ਅਟੱਲ ਰਹਿਣ ਵਾਲਾ ਸਦਾ-ਥਿਰ ਪ੍ਰਭੂ ਹੀ ਹੈ ਜੋ (ਸਾਰੀ ਸ੍ਰਿਸ਼ਟੀ ਵਿਚ ਆਪਣੀ) ਸੱਤਾ ਟਿਕਾ ਰਿਹਾ ਹੈ। ਹੇ ਨਾਨਕ ! ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ (ਭਾਗਾਂ ਵਾਲਾ) ਮਨੁੱਖ (ਗੁਰੂ ਦੇ) ਸਬਦ ਨੂੰ (ਆਪਣੇ) ਮਨ ਵਿਚ ਵਸਾ ਕੇ(ਇਸ ਗੱਲ ਨੂੰ) ਸਮਝ ਲੈਂਦਾ ਹੈ। ੧੦। ੧।

ਬਿਲਾਵਲੁ ਮਹਲਾ ੩ ॥ ਆਦਿ ਪੁਰਖੁ ਆਪੇ ਸ੍ਰਿਸਟਿ ਸਾਜੇ ॥ ਜੀਅ ਜੰਤ ਮਾਇਆ ਮੋਹਿ ਪਾਜੇ ॥ ਦੂਜੈ ਭਾਇ ਪਰਪੰਚਿ ਲਾਗੇ ॥ ਆਵਹਿ ਜਾਵਹਿ ਮਰਹਿ ਅਭਾਗੇ ॥ ਸਤਿਗੁਰਿ ਭੇਟਿਐ ਸੋਝੀ ਪਾਇ ॥ ਪਰਪੰਚੁ ਚੂਕੈ ਸਚਿ ਸਮਾਇ ॥ ੧ ॥ ਜਾ ਕੈ ਮਸਤਕਿ ਲਿਖਿਆ ਲੇਖੁ ॥ ਤਾ ਕੈ ਮਨਿ ਵਸਿਆ ਪ੍ਰਭੁ ਏਕੁ ॥ ੧ ॥ ਰਹਾਉ ॥ ਸ੍ਰਿਸਟਿ ਉਪਾਇ ਆਪੇ ਸਭੁ ਵੇਖੈ ॥ ਕੋਇ ਨ ਮੇਟੈ ਤੇਰੈ ਲੇਖੈ ॥ ਸਿਧ ਸਾਧਿਕ ਜੇ ਕੋ ਕਹੈ ਕਹਾਏ ॥ ਭਰਮੇ ਭੂਲਾ ਆਵੈ ਜਾਏ ॥ ਸਤਿਗੁਰੁ ਸੇਵੈ ਸੋ ਜਨੁ ਬੂਝੈ ॥ ਹਉਮੈ ਮਾਰੇ ਤਾ ਦਰੁ ਸੂਝੈ ॥੨॥

[ਪੰਨਾ ੯੪੨]

ਪਦ ਅਰਥ :—ਆਦਿ ਪੁਰਖੁ—ਜਗਤ ਦਾ ਮੂਲ ਆਕਾਲ ਪੁਰਖ। ਆਪੇ—ਆਪ ਹੀ। ਸ੍ਰਿਸਟਿ—ਜਗਤ। ਮੋਹਿ—ਮੋਹ ਵਿਚ। ਪਾਜੇ—ਪਾਏ ਹੋਏ ਹਨ, ਜੋੜੇ ਹੋਏ ਹਨ। ਦੂਜੈ ਭਾਇ—(ਪ੍ਰਭੂ ਨੂੰ ਛੱਡ ਕੇ) ਹੋਰ ਪਿਆਰ ਵਿਚ। ਪਰਪੰਚਿ—ਪਰਪੰਚ ਵਿਚ, ਦਿੱਸਦੇ ਨਾਸਵੰਤ ਜਗਤ (ਦੇ ਮੋਹ) ਵਿਚ [ਪ੍ਰਪੰਚ]। ਮਰਹਿ—ਆਤਮਕ ਮੌਤ ਸਹੇੜਦੇ ਹਨ। ਅਭਾਗੇ—ਭਾਗ-ਹੀਨ ਜੀਵ। ਸਤਿਗੁਰਿ ਭੇਟਿਐ—ਜੇ ਗੁਰੂ ਮਿਲ ਪਏ। ਸੋਝੀ—(ਆਤਮਕ ਜੀਵਨ ਦੀ) ਸਮਝ। ਪਰਪੰਚ—ਜਗਤ ਦਾ ਮੋਹ। ਚੂਕੈ—ਮੁੱਕ ਜਾਂਦਾ ਹੈ। ਸਚਿ—ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ। ੧।

ਮਸਤਕਿ—ਮੱਥੇ ਉੱਤੇ। ਕੈ ਮਸਤਕਿ—ਦੇ ਮੱਥੇ ਉੱਤੇ। ਤਾ ਕੈ ਮਨਿ—ਉਸ ਦੇ ਮਨ ਵਿਚ। ੧। ਰਹਾਉ।

ਉਪਾਇ—ਪੈਦਾ ਕਰ ਕੇ। ਵੇਖੈ—ਸੰਭਾਲ ਕਰਦਾ ਹੈ। ਤੇਰੈ ਲੇਖੈ—(ਹੇ ਭਾਈ !) ਤੇਰੇ (ਲਿਖੇ) ਲੇਖ ਨੂੰ। ਸਿਧ—ਜੋਗ-ਸਾਧਨਾਂ ਵਿਚ ਪੁੱਗਾ ਹੋਇਆ ਜੋਗੀ। ਸਾਧਿਕ—ਜੋਗ-ਸਾਧਨਾ ਕਰਨ ਵਾਲੇ। ਕੋ—ਕੋਈ (ਮਨੁੱਖ)।ਕਹੈ—(ਆਪਣੇ ਆਪ ਨੂੰ) ਆਖੇ। ਕਹਾਏ—(ਆਪਣੇ ਆਪ ਨੂੰ) ਅਖਵਾਏ। ਭਰਮੇ—ਭਟਕਣਾ ਵਿਚ। ਭੂਲਾ—ਕੁਰਾਹੇ ਪਿਆ ਹੋਇਆ। ਆਵੈ ਜਾਇ—ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ। ਸੇਵੈ—ਸਰਨ ਪੈਂਦਾ ਹੈ। ਬੂਝੈ—(ਜੀਵਨ ਦਾ ਸਹੀ ਰਸਤਾ) ਸਮਝਦਾ ਹੈ। ਤਾ—ਤਦੋਂ। ਦਰੁ—ਪ੍ਰਭੂ ਦਾ ਦਰ-ਵਾਜ਼ਾ। ਸੂਝੈ—ਦਿੱਸਦਾ ਹੈ। ੨।

ਅਰਥ :—ਹੇ ਭਾਈ ! ਜਿਸ ਮਨੁੱਖ ਦੇ ਮੱਥੇ ਉੱਤੇ (ਮਨੁੱਖ ਦੇ ਕੀਤੇ ਕਰਮਾਂ ਅਨੁਸਾਰ ਪਰਮਾਤਮਾ ਵਲੋਂ) ਲੇਖ ਲਿਖਿਆ ਹੁੰਦਾ ਹੈ, ਉਸ (ਮਨੁੱਖ) ਦੇ ਮਨ ਵਿਚ ਇਕ ਪਰਮਾਤਮਾ (ਹੀ) ਟਿਕਿਆ ਰਹਿੰਦਾ ਹੈ। ੧। ਰਹਾਉ।

ਹੇ ਭਾਈ ! ਸਾਰੇ ਜਗਤ ਦਾ ਮੂਲ ਅਕਾਲਪੁਰਖ ਆਪ ਹੀ ਜਗਤ ਨੂੰ ਪੈਦਾ ਕਰਦਾ ਹੈ, (ਕੀਤੇ ਕਰਮਾਂ ਅਨੁਸਾਰ) ਜੀਵਾਂ ਨੂੰ (ਉਸ ਨੇ) ਮਾਇਆ ਦੇ ਮੋਹ ਵਿਚ ਜੋੜਿਆ ਹੋਇਆ ਹੈ। (ਜੀਵ ਪਰਮਾਤਮਾ ਨੂੰ ਭੁਲਾ ਕੇ) ਹੋਰ ਪਿਆਰ ਵਿਚ ਦਿੱਸਦੇ ਜਗਤ ਦੇ ਮੋਹ ਵਿਚ ਫਸੇ ਰਹਿੰਦੇ ਹਨ, (ਇਹੋ ਜਿਹੇ) ਭਾਗ ਹੀਨ ਜੀਵ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਆਤਮਕ ਮੌਤ ਸਹੇੜੀ ਰੱਖਦੇ ਹਨ।

ਜੇ (ਕਿਸੇ ਭਾਗਾਂ ਵਾਲੇ ਨੂੰ) ਗੁਰੂ ਮਿਲ ਪਏ, ਤਾਂ ਉਹ (ਆਤਮਕ ਜੀਵਾਂ ਦੀ) ਸਮਝ ਹਾਸਲ ਕਰ ਲੈਂਦਾ ਹੈ, (ਉਸ ਦੇ ਅੰਦਰੋਂ) ਜਗਤ ਦਾ ਮੋਹ ਮੁੱਕ ਜਾਂਦਾ ਹੈ,(ਉਹ ਮਨੁੱਖ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ।੧।

ਹੇ ਭਾਈ ! ਜਗਤ ਪੈਦਾ ਕਰ ਕੇ (ਪਰਮਾਤਮਾ) ਆਪ ਹੀ ਹਰੇਕ ਦੀ ਸੰਭਾਲ ਕਰਦਾ ਹੈ। (ਹੇ ਪ੍ਰਭੂ ! ਜੀਵ ਦੇ ਕੀਤੇ ਕਰਮਾਂ ਅਨੁਸਾਰ ਉਸ ਦੇ ਮੱਥੇ ਉੱਤੇ ਜਿਹੜਾ ਲੇਖ ਤੂੰ ਲਿਖਦਾ ਹੈਂ) ਤੇਰੇ (ਉਸ ਲਿਖੇ) ਲੇਖ ਨੂੰ ਕੋਈ ਜੀਵ (ਆਪਣੇ ਉੱਦਮ ਨਾਲ) ਮਿਟਾ ਨਹੀਂ ਸਕਦਾ।

ਹੇ ਭਾਈ ! (ਆਪਣੀ ਹਉਮੈ ਦੇ ਆਸਰੇ) ਜੇ ਕੋਈ ਮਨੁੱਖ (ਆਪਣੇ ਆਪ ਨੂੰ) ਸਿੱਧ ਆਖਦਾ ਅਖਵਾਂਦਾ ਹੈ,ਸਾਧਿਕ ਆਖਦਾ ਅਖਵਾਂਦਾ ਹੈ, ਉਹ ਮਨੁੱਖ (ਹਉਮੈ ਦੀ) ਭਟਕਣਾ ਵਿਚ ਪੈ ਕੇ ਕੁਰਾਹੇ ਪਿਆ ਰਹਿੰਦਾ ਹੈ,ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ।

ਹੇ ਭਾਈ ! ਜਿਹੜਾ ਮਨੁੱਖ (ਆਪਣੀ ਹਉਮੈ ਦੀ ਟੇਕ ਛੱਡ ਕੇ) ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ(ਜੀਵਨ ਦਾ ਸਹੀ ਰਸਤਾ ਸਮਝ ਲੈਂਦਾ ਹੈ।ਜਦੋਂ ਮਨੁੱਖ (ਆਪਣੇ ਅੰਦਰੋਂ) ਹਉਮੈ ਮੁਕਾਂਦਾ ਹੈ, ਤਦੋਂ (ਉਸ ਨੂੰ ਪਰਮਾਤਮਾ ਦਾ) ਦਰ ਦਿੱਸ ਪੈਂਦਾ ਹੈ।੨।

ਏਕਸੁ ਤੇ ਸਭੁ ਦੂਜਾ ਹੂਆ ॥ ਏਕੋ ਵਰਤੈ ਅਵਰੁ ਨ ਬੀਆ ॥ ਦੂਜੇ ਤੇ ਜੇ ਏਕੋ ਜਾਣੈ ॥ ਗੁਰ ਕੈ ਸਬਦਿ ਹਰਿ ਦਰਿ ਨੀਸਾਣੈ ॥ ਸਤਿਗੁਰੁ ਭੇਟੇ ਤਾ ਏਕੋ ਪਾਏ ॥ ਵਿਚਹੁ ਦੂਜਾ ਠਾਕਿ ਰਹਾਏ ॥ ੩ ॥ [੮੪੨]

ਪਦ ਅਰਥ :—ਏਕਸੁ ਤੇ—ਇਕ (ਪਰਮਾਤਮਾ) ਤੋਂ ਹੀ। ਸਭੁ ਦੂਜਾ—ਸਾਰਾ ਵੱਖਰਾ (ਦਿੱਸ ਰਿਹਾ ਜਗਤ)।ਏਕੋ—ਇਕ (ਪਰਮਾਤਮਾ) ਹੀ। ਬੀਆ—ਦੂਜਾ। ਵਰਤੈ—ਵਿਆਪਕ ਹੈ, ਮੌਜੂਦ ਹੈ।ਤੇ—ਤੋਂ। ਦੂਜੇ ਤੇ—ਇਸ ਵੱਖਰੇ ਦਿੱਸ ਰਹੇ ਜਗਤ ਤੋਂ (ਉੱਚਾ ਹੋ ਕੇ)। ਜਾਣੈ—ਸਾਂਝ ਪਾ ਲਏ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਦਰਿ—ਦਰ ਤੇ।

ਨੀਸਾਣੈ—ਪਰਵਾਨੇ ਸਮੇਤ, ਰਾਹਦਾਰੀ ਸਮੇਤ। ਭੇਟੈ—ਮਿਲ ਪਏ। ਦੂਜਾ—ਮਾਇਆ ਦਾ ਮੋਹ। ਠਾਕਿ—ਰੋਕ ਦੇ। ੩।

ਅਰਥ :—ਹੇ ਭਾਈ! (ਪਰਮਾਤਮਾ ਤੋਂ) ਵੱਖਰਾ ਦਿੱਸਦਾ ਇਹ ਸਾਰਾ ਜਗਤ ਇਕ ਪਰਮਾਤਮਾ ਤੋਂ ਹੀ ਬਣਿਆ ਹੈ। (ਸਾਰੇ ਜਗਤ ਵਿਚ) ਇਕ ਪ੍ਰਭੂ ਹੀ ਮੌਜੂਦ ਹੈ, (ਉਸ ਤੋਂ ਬਿਨਾ) ਕੋਈ ਹੋਰ ਦੂਜਾ ਨਹੀਂ ਹੈ।

ਜੇ (ਮਨੁੱਖ) ਇਸ ਵੱਖਰੇ ਦਿੱਸ ਰਹੇ ਜਗਤ (ਦੇ ਮੋਹ) ਤੋਂ (ਉੱਚਾ ਹੋ ਕੇ) ਇਕ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖੇ, ਤਾਂ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਰਾਹ-ਦਾਰੀ ਸਮੇਤ (ਬਿਨਾ ਰੋਕ-ਟੋਕ) ਪ੍ਰਭੂ ਦੇ ਦਰ ਤੇ (ਪਹੁੰਚ ਜਾਂਦਾ ਹੈ)।

ਜੇ (ਮਨੁੱਖ ਨੂੰ) ਗੁਰੂ ਮਿਲ ਪਏ, ਤਾਂ ਉਹ ਉਸ ਪਰਮਾਤਮਾ ਦਾ ਮਿਲਾਪ ਪ੍ਰਾਪਤ ਕਰ ਲੈਂਦਾ ਹੈ, ਅਤੇ (ਆਪਣੇ) ਅੰਦਰੋਂ ਵੱਖਰੇ ਦਿੱਸ ਰਹੇ ਜਗਤ ਦਾ ਮੋਹ ਰੋਕ ਰੱਖਦਾ ਹੈ। ੩।

ਜਿਸ ਦਾ ਸਾਹਿਬੁ ਡਾਢਾ ਹੋਇ ॥ ਤਿਸ ਨੋ ਮਾਰਿ ਨ ਸਾਕੈ ਕੋਇ ॥ ਸਾਹਿਬ ਕੀ ਸੇਵਕੁ ਰਹੈ ਸਰਣਾਈ ॥ ਆਪੇ ਬਖਸੇ ਦੇ ਵਡਿਆਈ ॥ ਤਿਸ ਤੇ ਊਪਰਿ ਨਾਹੀ ਕੋਇ॥ ਕਉਣੁ ਡਰੈ ਡਰੁ ਕਿਸ ਕਾ ਹੋਇ ॥੪॥ ਗੁਰਮਤੀ ਸਾਂਤਿ ਵਸੈ ਸਰੀਰ॥ ਸਬਦੁ ਚੀਨ੍ਹਿ ਫਿਰਿ ਲਗੈ ਨ ਪੀਰ ॥ ਆਵੈ ਨ ਜਾਇ ਨਾ ਦੁਖੁ ਪਾਏ ॥ ਨਾਮੇ ਰਾਤੇ ਸਹਜਿ ਸਮਾਏ ॥ ਨਾਨਕ ਗੁਰਮੁਖਿ ਵੇਖੈ ਹਦੂਰਿ ॥ ਮੇਰਾ ਪ੍ਰਭੁ ਸਦ ਰਹਿਆ ਭਰਪੂਰਿ ॥ ੫ ॥ [ਪੰਨਾ ੮੪੨]

ਪਦ ਅਰਥ :—ਜਿਸ ਦਾ—[ਸੰਬੰਧਕ 'ਦਾ' ਦੇ ਕਾਰਨ ਲਫ਼ਜ਼ 'ਜਿਸੁ' ਦਾ ੂ ਉੱਡ ਗਿਆ ਹੈ] ਜਿਸ (ਮਨੁੱਖ) ਦਾ। ਡਾਢਾ—ਤਕੜਾ, ਬਲਵਾਨ। ਹੋਇ—ਹੁੰਦਾ ਹੈ। ਤਿਸ ਨੋ —[ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਤਿਸੁ' ਦਾ ੂ ਉੱਡ ਗਿਆ ਹੈ] ਉਸ (ਮਨੁੱਖ) ਨੂੰ। ਰਹੈ—ਟਿਕਿਆ ਰਹਿੰਦਾ ਹੈ। ਆਪੇ—(ਸਾਹਿਬ) ਆਪ ਹੀ। ਦੇ—ਦੇਂਦਾ ਹੈ। ਤਿਸ ਤੇ—[ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਤਿਸੁ' ਦਾ ੂ ਉੱਡ ਗਿਆ ਹੈ]। ਊਪਰਿ—ਵੱਡਾ, ਉੱਚਾ। ਕਿਸ ਕਾ—[ਲਫ਼ਜ਼ 'ਕਿਸੁ' ਦਾ ੂ ਉੱਡ ਗਿਆ]। ਡਰੁ... ...ਹੋਇ—ਕਿਸ ਦਾ ਡਰ ਹੋ ਸਕਦਾ ਹੈ? ਕਿਸੇ ਤੋਂ ਡਰ ਨਹੀਂ ਆਉਂਦਾ। ੪।

ਗੁਰਮਤੀ—ਗੁਰੂ ਦੀ ਮਤਿ ਉਤੇ ਤੁਰਿਆਂ। ਚੀਨ੍ਹਿ—ਪਛਾਣ ਕੇ, ਸਾਂਝ ਪਾ ਕੇ। ਪੀਰ —(ਵਿਕਾਰਾਂ ਤੋਂ) ਕਲੇਸ਼। ਆਵੈ ਨ ਜਾਇ—ਨਾਂਹ ਜੰਮਦਾ ਹੈ ਨਾਂਹ ਮਰਦਾ ਹੈ, ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ। ਨਾਮੇ—ਨਾਮ ਵਿਚ ਹੀ। ਸਹਜਿ—ਆਤਮਕ ਅਡੋਲਤਾ ਵਿਚ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਹਜ਼ੂਰਿ—ਅੰਗ-ਸੰਗ,

ਹਾਜ਼ਰ-ਨਾਜ਼ਰ । ੫ ।

ਅਰਥ :—ਹੇ ਭਾਈ ! (ਮਾਇਆ ਦੇ ਕਾਮਾਦਿਕ ਸੂਰਮੇ ਹਨ ਤਾਂ ਬੜੇ ਬਲੀ, ਪਰ) ਜਿਸ ਮਨੁੱਖ ਦੇ ਸਿਰ ਉੱਤੇ ਰਾਖਾ ਸਭ ਤੋਂ ਬਲੀ ਮਾਲਕ-ਪ੍ਰਭੂ ਆਪ ਹੋਵੇ, ਉਸ ਨੂੰ ਕੋਈ (ਕਾਮਾਦਿਕ ਵੈਰੀ) ਢਾਹ ਨਹੀਂ ਸਕਦਾ। (ਕਿਉਂਕਿ) ਸੇਵਕ (ਆਪਣੇ) ਮਾਲਕ-ਪ੍ਰਭੂ ਦੀ ਸਰਨ ਪਿਆ ਰਹਿੰਦਾ ਹੈ, ਉਹ ਆਪ ਹੀ (ਉਸ ਉਤੇ) ਬਖ਼ਸ਼ਸ਼ ਕਰਦਾ ਹੈ, (ਤੇ, ਉਸ ਨੂੰ) ਇੱਜ਼ਤ ਦੇਂਦਾ ਹੈ।

ਹੇ ਭਾਈ ! ਉਸ (ਪਰਮਾਤਮਾ) ਨਾਲੋਂ ਵੱਡਾ ਹੋਰ ਕੋਈ ਨਹੀਂ ਹੈ (ਸੇਵਕ ਨੂੰ ਇਹ ਨਿਸ਼ਚਾ ਬਣ ਜਾਂਦਾ ਹੈ, ਇਸ ਵਾਸਤੇ ਸੇਵਕ) ਕਿਸੇ ਤੋਂ ਨਹੀਂ ਡਰਦਾ, ਉਸ ਨੂੰ ਕਿਸੇ (ਕਾਮਾਦਿਕ ਵੈਰੀ) ਦਾ ਡਰ-ਦਬਾਉ ਨਹੀਂ ਹੁੰਦਾ। ੪।

ਹੇ ਭਾਈ ! ਗੁਰੂ ਦੀ ਮਤਿ ਉੱਤੇ ਤੁਰ ਕੇ (ਵਡਭਾਗੀ ਮਨੁੱਖ ਦੇ) ਹਿਰਦੇ ਵਿਚ ਸ਼ਾਂਤੀ ਪੈਦਾ ਹੋ ਜਾਂਦੀ ਹੈ, ਗੁਰੂ ਦੇ ਸ਼ਬਦ ਨਾਲ ਡੂੰਘੀ ਸਾਂਝ ਪਾ ਕੇ ਉਸ ਨੂੰ (ਕਾਮਾਦਿਕ ਵੈਰੀ ਤੋਂ ਕੋਈ) ਕਲੇਸ਼ ਨਹੀਂ ਪੋਹ ਸਕਦਾ। ਉਹ ਮਨੁੱਖ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ (ਇਸ ਗੇੜ ਦਾ) ਦੁੱਖ ਨਹੀਂ ਸਹਾਰਦਾ। ਹੇ ਭਾਈ ! ਪਰਮਾਤਮਾ ਦੇ ਨਾਮ ਵਿਚ ਰੰਗੇ ਹੋਏ ਮਨੁੱਖ ਆਤਮਕ ਅਡੋਲਤਾ ਵਿਚ ਟਿਕੇ ਰਹਿੰਦੇ ਹਨ।

ਹੇ ਨਾਨਕ ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਪਰਮਾਤਮਾ ਨੂੰ ਆਪਣੇ) ਅੰਗ-ਸੰਗ ਵੱਸਦਾ ਵੇਖਦਾ ਹੈ (ਅਤੇ ਆਖਦਾ ਹੈ ਕਿ) ਮੇਰਾ ਪਰਮਾਤਮਾ ਸਦਾ ਹਰ ਥਾਂ ਮੌਜੂਦ ਹੈ। ੫।

ਇਕਿ ਸੇਵਕ ਇਕਿ ਭਰਮਿ ਭੁਲਾਏ ॥ਆਪੇ ਕਰੇ ਹਰਿ ਆਪਿ ਕਰਾਏ॥ ਏਕੋ ਵਰਤੈ ਅਵਰੁ ਨ ਕੋਇ ॥ ਮਨਿ ਰੋਸੁ ਕੀਜੈ ਜੇ ਦੂਜਾ ਹੋਇ ॥ ਸਤਿਗੁਰੁ ਸੇਵੇ ਕਰਣੀ ਸਾਰੀ ।। ਦਰਿ ਸਾਚੈ ਸਾਚੇ ਵੀਚਾਰੀ ।।੬।। [ਪੰਨਾ ੮੪੨]

ਪਦ ਅਰਥ :—ਇਕਿ—[ਲਫ਼ਜ਼ 'ਇਕ' ਤੋਂ ਬਹੁ ਵਚਨ] ਕਈ। ਭਰਮਿ—ਭਟਕਣਾ ਵਿਚ। ਭੁਲਾਏ—ਕੁਰਾਹੇ ਪਾ ਰੱਖੇ ਹਨ। ਆਪੇ—ਆਪ ਹੀ। ਏਕੋ—ਇਕ ਆਪ ਹੀ। ਵਰਤੈ—(ਹਰ ਥਾਂ) ਮੌਜੂਦ ਹੈ। ਮਨਿ—ਮਨ ਵਿਚ। ਰੋਸੁ—ਗਿਲ੍ਹਾ। ਕੀਜੈ—ਕੀਤਾ ਜਾਏ। ਸੇਵੇ—ਸਰਨ ਪਏ। ਸਾਰੀ—ਸ੍ਰੇਸ਼ਟ। ਕਰਣੀ—ਕਰਤੱਬ। ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ। ਸਾਚੇ—ਸੁਰਖ਼ਰੂ। ਵੀਚਾਰ—ਵਿਚਾਰਵਾਨ। ੬।

ਅਰਥ :—ਹੇ ਭਾਈ ! (ਸਭ ਜੀਵਾਂ ਵਿਚ ਵਿਆਪਕ ਹੋ ਕੇ) ਪਰਮਾਤਮਾ ਆਪ ਹੀ (ਸਭ ਕੁਝ) ਕਰਦਾ ਹੈ, ਆਪ ਹੀ (ਜੀਵਾਂ ਪਾਸੋਂ)ਕਰਾਂਦਾ ਹੈ,ਕਈ (ਜੀਵਾਂ ਨੂੰ ਉਸ ਨੂੰ ਆਪਣੇ) ਸੇਵਕ ਬਣਾਇਆ ਹੋਇਆ ਹੈ, ਅਤੇ ਕਈ ਜੀਵਾਂ ਨੂੰ ਭਟਕਣਾ ਵਿਚ (ਪਾ ਕੇ)

ਕੁਰਾਹੇ ਪਾਇਆ ਹੋਇਆ ਹੈ। (ਹਰ ਥਾਂ) ਪਰਮਾਤਮਾ ਆਪ ਹੀ ਮੌਜੂਦ ਹੈ, (ਉਸ ਤੋਂ ਬਿਨਾ) ਹੋਰ ਕੋਈ ਨਹੀਂ ਹੈ। (ਕਿਸੇ ਨੂੰ ਗੁਰਮੁਖ ਅਤੇ ਕਿਸੇ ਨੂੰ ਮਨਮੁਖ ਵੇਖ ਕੇ) ਮਨ ਵਿਚ ਗਿਲ੍ਹਾ ਤਾਂ ਹੀ ਕੀਤਾ ਜਾਏ ਜੇ (ਪਰਮਾਤਮਾ ਤੋਂ ਬਿਨਾ ਕਿਤੇ) ਕੋਈ ਹੋਰ ਹੋਵੇ।

ਹੇ ਭਾਈ ! ਜਿਹੜੇ ਮਨੁੱਖ ਗੁਰੂ ਦੀ ਸਰਨ ਪਏ ਰਹਿੰਦੇ ਹਨ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼ਰੂ ਹੁੰਦੇ ਹਨ, ਵਿਚਾਰਵਾਨ (ਮੰਨੇ ਜਾਂਦੇ) ਹਨ (ਗੁਰੂ ਦੀ ਸਰਨ ਪਏ ਰਹਿਣਾ ਹੀ) ਸਭ ਤੋਂ ਸ੍ਰੇਸ਼ਟ ਕਰਤੱਬ ਹੈ। ੬।

ਥਿਤੀ ਵਾਰ ਸਭਿ ਸਬਦਿ ਸੁਹਾਏ ॥ ਸਤਿਗੁਰੁ ਸੇਵੇ ਤਾ ਫਲੁ ਪਾਏ॥ ਥਿਤੀ ਵਾਰ ਸਭਿ ਆਵਹਿ ਜਾਹਿ ॥ ਗੁਰ ਸਬਦੁ ਨਿਹਚਲੁ ਸਦਾ ਸਚਿ ਸਮਾਹਿ ।। ਥਿਤੀ ਵਾਰ ਤਾ ਜਾ ਸਚਿ ਰਾਤੇ ।। ਬਿਨੁ ਨਾਵੈ ਸਭਿ ਭਰਮਹਿ ਕਾਚੇ ॥ ੭ ॥ ਮਨਮੁਖ ਮਰਹਿ ਮਰਿ ਬਿਗਤੀ ਜਾਹਿ ।।ਏਕੁ ਨ ਚੇਤਹਿ ਦੂਜੈ ਲੋਭਾਹਿ ।। ਅਚੇਤ ਪਿੰਡੀ ਅਗਿਆਨ ਅੰਧਾਰੁ ।। ਬਿਨੁ ਸਬਦੈ ਕਿਉ ਪਾਏ ਪਾਰੁ ।। ਆਪਿ ਉਪਾਏ ਉਪਾਵਣਹਾਰੁ।। ਆਪੇ ਕੀਤੋਨੁ ਗੁਰ ਵੀਚਾਰੁ ॥੮॥ [ਪੰਨਾ ੮੪੨]

ਪਦ ਅਰਥ :–ਥਿਤੀ–ਥਿੱਤਾਂ, ਚੰਦ ਦੇ ਘਟਣ-ਵਧਣ ਤੋਂ ਮਿਥੇ ਹੋਏ ਦਿਨ। ਸਭਿ–ਸਾਰੇ। ਸਬਦਿ–ਸ਼ਬਦ ਦੀ ਰਾਹੀਂ। ਸੁਹਾਏ–ਸੋਹਣੇ ਹਨ। ਸੇਵੇ–ਸਰਨ ਪਏ। ਆਵਹਿ ਜਾਹਿ–ਮੁੜ ਮੁੜ ਆਉਂਦੇ ਹਨ ਤੇ ਲੰਘ ਜਾਂਦੇ ਹਨ। ਨਿਹਚਲੁ–ਅਟੱਲ। ਸਚਿ–ਸਦਾ-ਥਿਰ ਪ੍ਰਭੂ ਵਿਚ। ਤਾ–ਤਦੋਂ ਹੀ। ਜਾ–ਜਦੋਂ। ਭਰਮਹਿ–ਭਟਕਦੇ ਹਨ। ਕਾਚੇ–ਕਮਜ਼ੋਰ ਆਤਮਕ ਜੀਵਨ ਵਾਲੇ ਮਨੁੱਖ। ੭।

ਮਨਮੁਖ–ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਮਰਹਿ–ਆਤਮਕ ਮੌਤ ਸਹੇੜੀ ਰੱਖਦੇ ਹਨ। ਮਰਿ–ਮਰ ਕੇ, ਆਤਮਕ ਮੌਤੇ ਮਰ ਕੇ। ਗਤਿ–ਉੱਚੀ ਆਤਮਕ ਅਵਸਥਾ। ਬਿਗਤਿ–ਭੈੜੀ ਆਤਮਕ ਦਸ਼ਾ। ਬਿਗਤੀ–ਭੈੜੀ ਆਤਮਕ ਦਸ਼ਾ ਵਾਲੇ। ਚੇਤਹਿ–ਸਿਮਰਦੇ [ਬਹੁ ਵਚਨ]। ਦੂਜੈ–ਮਾਇਆ ਵਿਚ। ਲੋਭਾਹਿ–ਫਸੇ ਰਹਿੰਦੇ ਹਨ। ਅਚੇਤ–ਗ਼ਾਫ਼ਿਲ। ਅਚੇਤ ਪਿੰਡੀ–ਮੂਰਖ ਮਤਿ ਵਾਲਾ। ਅਗਿਆਨ–ਆਤਮਕ ਜੀਵਨ ਵਲੋਂ ਬੇ-ਸਮਝ। ਅੰਧਾਰੁ–(ਮਾਇਆ ਦੇ ਮੋਹ ਵਿਚ ਫਸ ਕੇ ਸਹੀ ਜੀਵਨ ਵਲੋਂ) ਅੰਨ੍ਹਾ। ਪਾਰੁ–(ਸੰਸਾਰ-ਸਮੁੰਦਰ ਤੋਂ) ਪਾਰਲਾ ਬੰਨਾ। ਉਪਾਏ–ਪੈਦਾ ਕਰਦਾ ਹੈ। ਆਪੇ–ਆਪ ਹੀ। ਕੀਤੋਨੁ–ਉਸ ਨੇ ਕੀਤਾ ਹੈ। ੮।

ਅਰਥ :–ਹੇ ਭਾਈ ! (ਲੋਕ ਖ਼ਾਸ ਖ਼ਾਸ ਥਿੱਤਾਂ ਤੇ ਵਾਰਾਂ ਨੂੰ ਪਵਿੱਤਰ ਮੰਨ ਕੇ ਖ਼ਾਸ ਖ਼ਾਸ ਧਾਰਮਿਕ ਕਰਮ ਕਰਦੇ ਹਨ ਅਤੇ ਖ਼ਾਸ ਖ਼ਾਸ ਫਲ ਮਿਲਣ ਦੀ ਆਸ ਰੱਖਦੇ ਹਨ, ਪਰ) ਸਾਰੀਆਂ ਥਿੱਤਾਂ ਸਾਰੇ ਵਾਰ (ਤਦੋਂ ਹੀ) ਸੋਹਣੇ ਹਨ (ਜੇ ਮਨੁੱਖ ਗੁਰੂ ਦੇ)

ਸ਼ਬਦ ਵਿਚ (ਜੁੜੇ ਰਹਿਣ)। (ਮਨੁੱਖ) ਗੁਰੂ ਦੀ ਸਰਨ ਪਏ, ਤਦੋਂ ਹੀ (ਮਨੁੱਖਾ ਜੀਵਨ ਦਾ ਸ੍ਰੇਸ਼ਟ) ਫਲ ਹਾਸਲ ਕਰਦਾ ਹੈ। ਇਹ ਥਿੱਤਾਂ ਇਹ ਵਾਰ ਸਾਰੇ ਆਉਂਦੇ ਹਨ ਅਤੇ ਲੰਘ ਜਾਂਦੇ ਹਨ। ਗੁਰੂ ਦਾ ਸ਼ਬਦ (ਹੀ) ਅਟੱਲ ਰਹਿਣ ਵਾਲਾ ਹੈ (ਸ਼ਬਦ ਦੀ ਬਰਕਤ ਨਾਲ ਮਨੁੱਖ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਸਦਾ ਲੀਨ ਰਹਿ ਸਕਦੇ ਹਨ, (ਇਹ) ਥਿੱਤਾਂ ਤੇ ਵਾਰ ਤਦੋਂ ਹੀ (ਮਨੁੱਖਾਂ ਲਈ ਭਲੇ ਹੁੰਦੇ ਹਨ) ਜਦੋਂ ਮਨੁੱਖ ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ। ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਖੁੰਝੇ ਹੋਏ ਸਾਰੇ ਜੀਵ ਕਮਜ਼ੋਰ ਆਤਮਕ ਜੀਵਨ ਵਾਲੇ (ਹੋਣ ਕਰ ਕੇ) ਭਟਕਦੇ ਰਹਿੰਦੇ ਹਨ। ੭।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਤਮਕ ਮੌਤ ਸਹੇੜ ਲੈਂਦੇ ਹਨ, ਆਤਮਕ ਮੌਤੇ ਮਰ ਕੇ (ਜਗਤ ਤੋਂ) ਮੰਦੀ ਆਤਮਕ ਹਾਲਤ ਵਿਚ ਹੀ ਜਾਂਦੇ ਹਨ (ਕਿਉਂਕਿ) ਉਹ (ਕਦੇ) ਪਰਮਾਤਮਾ ਦਾ ਸਿਮਰਨ ਨਹੀਂ ਕਰਦੇ; ਅਤੇ ਮਾਇਆ ਦੇ ਮੋਹ ਵਿਚ ਹੀ ਫਸੇ ਰਹਿੰਦੇ ਹਨ।

ਹੇ ਭਾਈ! ਮੂਰਖ ਮਤਿ ਵਾਲਾ ਮਨੁੱਖ, ਆਤਮਕ ਜੀਵਨ ਵਲੋਂ ਬੇ-ਸਮਝ ਮਨੁੱਖ, ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਮਨੁੱਖ (ਵਿਕਾਰਾਂ-ਭਰੇ ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਨਹੀਂ ਲੱਭ ਸਕਦਾ (ਉਹ ਸਦਾ ਵਿਕਾਰਾਂ ਵਿਚ ਹੀ ਡੁੱਬਾ ਰਹਿੰਦਾ ਹੈ)। (ਪਰ ਜੀਵ ਦੇ ਵੱਸ ਦੀ ਗੱਲ ਨਹੀਂ), (ਜੀਵਾਂ ਨੂੰ) ਪੈਦਾ ਕਰਨ ਦੀ ਸਮਰਥਾ ਵਾਲੇ ਪਰਮਾਤਮਾ ਨੇ ਆਪ (ਹੀ ਜੀਵਾਂ ਨੂੰ) ਪੈਦਾ ਕੀਤਾ ਹੈ, (ਉਸ ਨੇ) ਆਪ ਹੀ (ਸਹੀ ਜੀਵਨ ਬਾਰੇ) ਗੁਰੂ ਦਾ (ਦੱਸਿਆ) ਵਿਚਾਰ ਬਣਾਇਆ ਹੋਇਆ ਹੈ (ਗੁਰੂ ਦੇ ਰਸਤੇ ਉੱਤੇ ਉਹ ਆਪ ਹੀ ਜੀਵਾਂ ਨੂੰ ਤੋਰਦਾ ਹੈ)। ੮।

ਬਹੁਤੇ ਭੇਖ ਕਰਹਿ ਭੇਖਧਾਰੀ ॥ ਭਵਿ ਭਵਿ ਭਰਮਹਿ ਕਾਚੀ ਸਾਰੀ॥ ਐਥੈ ਸੁਖੁ ਨ ਆਗੈ ਹੋਇ ॥ ਮਨਮੁਖ ਮੁਏ ਅਪਣਾ ਜਨਮੁ ਖੋਇ ॥ ਸਤਿਗੁਰੁ ਸੇਵੇ ਭਰਮੁ ਚੁਕਾਏ ॥ ਘਰ ਹੀ ਅੰਦਰਿ ਸਚੁ ਮਹਲੁ ਪਾਏ ॥੯॥ ਆਪੇ ਪੂਰਾ ਕਰੇ ਸੁ ਹੋਇ ॥ ਏਹਿ ਥਿਤੀ ਵਾਰ ਦੂਜਾ ਦੋਇ ॥ ਸਤਿਗੁਰ ਬਾਝਹੁ ਅੰਧੁ ਗੁਬਾਰੁ ॥ ਥਿਤੀ ਵਾਰ ਸੇਵਹਿ ਮੁਗਧ ਗਵਾਰ ॥ ਨਾਨਕ ਗੁਰਮੁਖਿ ਬੂਝੈ ਸੋਝੀ ਪਾਇ ॥ ਇਕਤੁ ਨਾਮਿ ਸਦਾ ਰਹਿਆ ਸਮਾਇ ॥ ੧੦ ॥ ੨ ॥ [ਪੰਨਾ ੮੪੨]

ਪਦ ਅਰਥ :—ਭੇਖਧਾਰੀ—ਨਿਰੇ ਧਾਰਮਿਕ ਪਹਿਰਾਵੇ ਦਾ ਆਸਰਾ ਲੈਣ ਵਾਲੇ ਮਨੁੱਖ। ਭਵਿ ਭਵਿ—(ਤੀਰਥ ਆਦਿਕ ਕਈ ਥਾਈਂ) ਭੌਂ ਭੌਂ ਕੇ। ਭਰਮਹਿ—ਭਟਕਦੇ ਫਿਰਦੇ ਹਨ। ਸਾਰੀ—ਨਰਦ। ਕਾਚੀ ਸਾਰੀ—ਕੱਚੀ ਨਰਦ [ਨੋਟ! ਚੌਪੜ ਦੀ ਖੇਡ ਵਿਚ

ਇਕ ਖਿਡਾਰੀ ਦੀ ਨਰਦ ਆਪਣੇ ਘਰ ਤੋਂ ਚੱਲ ਕੇ ਬਤਾਲੀ ਘਰਾਂ ਤਕ ਕੱਚੀ ਹੀ ਰਹਿੰਦੀ ਹੈ। ਦੂਜੇ ਦੀ ਨਰਦ ਪਿੱਛੇ ਆ ਕੇ ਉਸ ਨੂੰ ਮਾਰ ਸਕਦੀ ਹੈ। ਜੇ ਇਤਨੇ ਘਰਾਂ ਤੋਂ ਟੱਪ ਨਿਕਲੇ, ਤਾਂ ਉਹ ਵਿਰੋਧੀ ਦੀ ਮਾਰ ਤੋਂ ਬਚ ਜਾਂਦੀ ਹੈ]। ਐਥੈ—ਇਸ ਲੋਕ ਵਿਚ। ਆਗੈ—ਪਰਲੋਕ ਵਿਚ। ਮੁਏ—ਆਤਮਕ ਮੌਤੇ ਮਰ ਗਏ। ਖੋਇ—ਅਜ਼ਾਈਂ ਗਵਾ ਕੇ। ਸੇਵੇ—ਸਰਨ ਪੈਂਦਾ ਹੈ। ਭਰਮੁ—ਭਟਕਣਾ। ਚੁਕਾਏ—ਦੂਰ ਕਰ ਲੈਂਦਾ ਹੈ। ਸਚੁ ਮਹਲੁ—ਪ੍ਰਭੂ ਦਾ ਸਦਾ-ਥਿਰ ਟਿਕਾਣਾ। ੯।

ਆਪੇ—ਆਪ ਹੀ। ਏਹਿ—[ਲਫ਼ਜ਼ 'ਏਹ' ਤੋਂ ਬਹੁ ਵਚਨ]। ਦੂਜਾ—ਮਾਇਆ ਦਾ ਮੋਹ। ਦੋਇ—ਮੇਰ ਤੇਰ, ਦ੍ਵੈਤ। ਅੰਧੁ ਗੁਬਾਰੁ—ਪੂਰਨ ਤੌਰ ਤੇ ਅੰਨ੍ਹਾ। ਸੇਵਹਿ—ਮਨਾਂਦੇ ਹਨ। ਬੂਝੈ—ਸਮਝਦਾ ਹੈ। ਸੋਝੀ—ਸਮਝ। ਇਕਤੁ—ਸਿਰਫ਼ ਇੱਕ ਵਿਚ। ਇਕਤੁ ਨਾਮਿ—ਸਿਰਫ਼ ਹਰਿ ਨਾਮ ਵਿਚ। ਰਹਿਆ ਸਮਾਇ—ਲੀਨ ਰਹਿੰਦਾ ਹੈ। ੧੦।

ਅਰਥ :—ਹੇ ਭਾਈ! ਨਿਰੇ ਧਾਰਮਿਕ ਪਹਿਰਾਵੇ ਦਾ ਆਸਰਾ ਲੈਣ ਵਾਲੇ ਮਨੁੱਖ ਅਨੇਕਾਂ ਭੇਖ ਕਰਦੇ ਰਹਿੰਦੇ ਹਨ, (ਤੀਰਥ ਆਦਿਕ ਕਈ ਥਾਈਂ) ਭੌਂ ਭੌਂ ਕੇ ਭਟਕਦੇ ਰਹਿੰਦੇ ਹਨ, (ਅਜਿਹੇ ਮਨੁੱਖ) ਕੱਚੀਆਂ ਨਰਦਾਂ (ਵਾਂਗ ਵਿਕਾਰਾਂ ਤੋਂ ਮਾਰ ਖਾਂਦੇ ਹੀ ਰਹਿੰਦੇ ਹਨ) ਉਹਨਾਂ ਨੂੰ ਆਤਮਕ ਆਨੰਦ ਨਾਂਹ ਇਸ ਲੋਕ ਵਿਕ ਮਿਲਦਾ ਹੈ ਨਾਂਹ ਪਰਲੋਕ ਵਿਚ ਮਿਲਦਾ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ (ਅਜਿਹੇ ਮਨੁੱਖ) ਆਪਣਾ ਮਨੁੱਖ ਜਨਮ ਅਜਾਈਂ ਗਵਾ ਕੇ ਆਤਮਕ ਮੌਤੇ ਮਰੇ ਰਹਿੰਦੇ ਹਨ।

ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ (ਆਪਣੇ ਅੰਦਰੋਂ) ਭਟਕਣਾ ਮੁਕਾ ਲੈਂਦਾ ਹੈ, ਉਹ ਆਪਣੇ ਹਿਰਦੇ-ਘਰ ਵਿਚ ਹੀ ਸਦਾ-ਥਿਰ ਪ੍ਰਭੂ ਦਾ ਟਿਕਾਣਾ ਲੱਭ ਲੈਂਦਾ ਹੈ (ਉਸ ਨੂੰ ਥਿੱਤਾਂ ਆਦਿਕ ਦਾ ਆਸਰਾ ਲੈ ਕੇ ਤੀਰਥ ਆਦਿਕਾਂ ਤੇ ਭਟਕਣ ਦੀ ਲੋੜ ਨਹੀਂ ਪੈਂਦੀ)। ੯।

ਹੇ ਭਾਈ! ਪੂਰਨ ਪ੍ਰਭੂ ਆਪ ਹੀ (ਜੋ ਕੁਝ) ਕਰਦਾ ਹੈ ਉਹ ਹੁੰਦਾ ਹੈ(ਖ਼ਾਸ ਖ਼ਾਸ ਥਿੱਤਾਂ ਨੂੰ ਚੰਗੀਆਂ ਜਾਣ ਕੇ ਭਟਕਦੇ ਨਾਂਹ ਫਿਰੋ, ਸਗੋਂ) ਇਹ ਥਿੱਤਾਂ ਇਹ ਵਾਰ ਮਨਾਣੇ ਤਾਂ ਮਾਇਆ ਦਾ ਮੋਹ ਪੈਦਾ ਕਰਨ ਦਾ ਕਾਰਣ ਬਣਦੇ ਹਨ, ਮੇਰ-ਤੇਰ ਪੈਦਾ ਕਰਦੇ ਹਨ।

ਗੁਰੂ ਦੀ ਸਰਨ ਆਉਣ ਤੋਂ ਬਿਨਾ ਮਨੁੱਖ (ਆਤਮਕ ਜੀਵਨ ਵਲੋਂ) ਪੂਰੇ ਤੌਰ ਤੇ ਅੰਨ੍ਹਾ ਹੋਇਆ ਰਹਿੰਦਾ ਹੈ, (ਗੁਰੂ ਦਾ ਆਸਰਾ-ਪਰਨਾ ਛੱਡ ਕੇ) ਮੂਰਖ ਮਨੁੱਖ ਹੀ ਥਿੱਤਾਂ ਤੇ ਵਾਰ ਮਨਾਂਦੇ ਫਿਰਦੇ ਹਨ।

ਹੇ ਨਾਨਕ! ਗੁਰੂ ਦੀ ਸਰਨ ਪੈ ਕੇ (ਜਿਹੜਾ ਮਨੁੱਖ) ਸਮਝਦਾ ਹੈ, ਉਸ ਨੂੰ (ਆਤਮਕ ਜੀਵਨ ਦੀ) ਸੂਝ ਆ ਜਾਂਦੀ ਹੈ, ਉਹ ਮਨੁੱਖ ਸਦਾ ਸਿਰਫ਼ ਪਰਮਾਤਮਾ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ। ੧੦। ੨।

ਬਿਲਾਵਲੁ ਮਹਲਾ ੧ ਛੰਤ ਦਖਣੀ

ੴ ਸਤਿਗੁਰਪ੍ਰਸਾਦਿ ॥ ਮੁੰਧ ਨਵੇਲੜੀਆ ਗੋਇਲਿ ਆਈ ਰਾਮ॥ ਮਟੁਕੀ ਡਾਰਿ ਧਰੀ ਹਰਿ ਲਿਵ ਲਾਈ ਰਾਮ ॥ ਲਿਵ ਲਾਇ ਹਰਿ ਸਿਉ ਰਹੀ ਗੋਇਲਿ ਸਹਜਿ ਸਬਦਿ ਸੀਗਾਰੀਆ ॥ ਕਰ ਜੋੜਿ ਗੁਰ ਪਹਿ ਕਰਿ ਬਿਨੰਤੀ ਮਿਲਹੁ ਸਾਚਿ ਪਿਆਰੀਆ ॥ ਧਨ ਭਾਇ ਭਗਤੀ ਦੇਖਿ ਪ੍ਰੀਤਮ ਕਾਮ ਕ੍ਰੋਧੁ ਨਿਵਾਰਿਆ ॥ ਨਾਨਕ ਮੁੰਧ ਨਵੇਲ ਸੁੰਦਰਿ ਦੇਖਿ ਪਿਰੁ ਸਾਧਾਰਿਆ ॥ ੧ ॥ [੯੪੩]

ਪਦ ਅਰਥ :–ਮੁੰਧ– [ਸੁਗਧਾ–A young girl attractive by her youthful simplicity] ਜਵਾਨ ਲੜਕੀ ਜਿਸ ਨੂੰ ਅਜੇ ਆਪਣੀ ਜਵਾਨੀ ਦਾ ਅਹਿ-ਸਾਸ ਨਹੀਂ ਹੈ, ਭੋਲੇ ਸੁਭਾਉ ਵਾਲੀ ਜੀਵ-ਇਸਤ੍ਰੀ। ਨਵੇਲੜੀਆ–ਨਵੀਂ, ਵਿਕਾਰਾਂ ਤੋਂ ਬਚੀ ਹੋਈ। ਗੋਇਲਿ–ਗੋਇਲ ਵਿਚ [ਗੋਇਲ–ਆਮ ਤੌਰ ਤੇ ਦਰਿਆਵਾਂ ਕੰਢੇ ਉਹ ਥਾਂ ਜਿੱਥੇ ਔੜ ਸਮੇ ਰਤਾ ਦੂਰ ਥਾਵਾਂ ਦੇ ਲੋਕ ਆਪਣਾ ਮਾਲ ਡੰਗਰ ਚਾਰਨ ਲਈ ਥੋੜੇ ਸਮੇ ਲਈ ਆ ਟਿਕਦੇ ਹਨ], ਚਾਰ ਦਿਨ ਦੇ ਵਸੇਬੇ ਵਾਲੇ ਜਗਤ ਵਿਚ। ਮਟੁਕੀ–ਚਾਟੀ[ਲਫ਼ਜ਼ 'ਮੱਟ' ਤੋਂ 'ਮਟੁਕੀ' ਅਲਪਾਰਥਕ ਨਾਂਵ ਹੈ] ।ਮਟੁਕੀ ਡਾਰਿ ਧਰੀ–ਚਾਟੀ ਸਿਰੋਂ ਲਾਹ ਕੇ ਲਾਂਭੇ ਰੱਖ ਦਿੱਤੀ ਹੈ, ਸਰੀਰ ਦਾ ਮੋਹ ਤਿਆਗ ਦਿੱਤਾ ਹੈ, ਦੇਹ-ਅਧਿਆਸ ਛੱਡ ਦਿੱਤਾ ਹੈ। ਸਹਜਿ–ਸਹਿਜ ਵਿਚ, ਆਤਮਕ ਅਡੋਲਤਾ ਵਿਚ।ਸਬਦਿ–ਗੁਰੂ ਦੇ ਸ਼ਬਦ ਦੀ ਰਾਹੀਂ। ਸੀਗਾਰੀਆ–ਸਿੰਗਾਰ ਕੀਤਾ ਹੈ, ਆਪਣਾ ਜੀਵਨ ਸੋਹਣਾ ਬਣਾਇਆ ਹੈ। ਕਰ ਜੋੜਿ–(ਦੋਵੇਂ) ਹੱਥ ਜੋੜ ਕੇ।[ਵੇਖੋ ਸੂਹੀ ਛੰਤ ਮ: ੧, ਛੰਤ ਨੰ: ੫, ਅੰਕ ਨੰ: ੬] । ਕਰਿ–ਕਰੇ, ਕਰਦੀ ਹੈ। ਸਾਚਿ–ਸਦਾ-ਥਿਰ ਪ੍ਰਭੂ ਦੇ ਨਾਮ ਵਿਚ (ਜੁੜ ਕੇ) ਪਿਆਰੀਆ–ਮੈਂ ਪ੍ਰਭੂ ਨੂੰ ਪਿਆਰ ਕਰ ਸਕਾਂ। ਧਨ–ਇਸਤ੍ਰੀ, ਜੀਵ-ਇਸਤ੍ਰੀ। ਭਾਇ–ਭਾਉ ਦੀ ਰਾਹੀਂ, ਪ੍ਰੇਮ ਵਿਚ ਜੁੜ ਕੇ। ਭਾਉ–ਪ੍ਰੇਮ। ਨਵੇਲ–ਨਵੀਂ, ਵਿਕਾਰਾਂ ਤੋਂ ਬਚੀ ਹੋਈ। ਸੁੰਦਰੀ–ਸੁੰਦਰਿ, ਸੋਹਣੇ ਜੀਵਨ ਵਾਲੀ। ਦੇਖਿ ਪਿਰੁ–ਪ੍ਰਭੂ-ਪਤੀ ਨੂੰ ਵੇਖ ਕੇ। ਸਾਧਾਰਿਆ–ਆਧਾਰ-ਸਹਿਤ ਹੋ ਜਾਂਦੀ ਹੈ ਪ੍ਰਭੂ ਦਾ ਆਸਰਾ ਹਿਰਦੇ ਵਿਚ ਬਣਾਂਦੀ ਹੈ। ੧।

ਅਰਥ :–ਥੋੜ੍ਹੇ ਦਿਨਾਂ ਦੇ ਵਸੇਬੇ ਵਾਲੇ ਇਸ ਜਗਤ ਵਿਚ ਆ ਕੇ ਜਿਹੜੀ ਜੀਵ-ਇਸਤ੍ਰੀ ਵਿਕਾਰਾਂ ਤੋਂ ਬਚੀ ਰਹਿੰਦੀ ਹੈ, ਜਿਸ ਨੇ ਪਰਮਾਤਮਾ (ਦੇ ਚਰਨਾਂ) ਵਿਚ ਸੁਰਤਿ ਜੋੜੀ ਹੋਈ ਹੈ ਤੇ ਸਰੀਰ ਦਾ ਮੋਹ ਤਿਆਗ ਦਿੱਤਾ ਹੈ, ਜਿਹੜੀ ਪ੍ਰਭੂ-ਚਰਨਾਂ ਵਿਚ ਪ੍ਰੀਤਿ ਜੋੜ ਕੇ ਇਸ ਜਗਤ ਵਿਚ ਜੀਵਨ ਬਿਤਾਂਦੀ ਹੈ, ਉਹ ਆਤਮਕ ਅਡੋਲਤਾ ਵਿਚ ਟਿਕ

ਕੇ ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਆਪਣਾ ਜੀਵਨ ਸੋਹਣਾ ਬਣਾ ਲੈਂਦੀ ਹੈ। ਉਹ (ਸਦਾ ਦੋਵੇਂ) ਹੱਥ ਜੋੜ ਕੇ ਗੁਰੂ ਦੇ ਪਾਸ ਬੇਨਤੀ ਕਰਦੀ ਰਹਿੰਦੀ ਹੈ(ਕਿ,ਹੇ ਗੁਰੂ ! ਮੈਨੂੰ)ਮਿਲ (ਤਾ ਕਿ ਮੈਂ ਤੇਰੀ ਕਿਰਪਾ ਨਾਲ) ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਜੁੜ ਕੇ ਉਸ ਨੂੰ ਪਿਆਰ ਕਰ ਸਕਾਂ।

ਅਜਿਹੀ ਜੀਵ-ਇਸਤ੍ਰੀ ਪ੍ਰੀਤਮ-ਪ੍ਰਭੂ ਦੀ ਭਗਤੀ ਦੀ ਰਾਹੀਂ ਪ੍ਰੀਤਮ-ਪ੍ਰਭੂ ਦੇ ਪ੍ਰੇਮ ਵਿਚ ਟਿਕ ਕੇ ਉਸ ਦਾ ਦਰਸ਼ਨ ਕਰ ਕੇ ਕਾਮ ਕ੍ਰੋਧ (ਆਦਿਕ ਵਿਕਾਰਾਂ ਨੂੰ ਆਪਣੇ ਅੰਦਰੋਂ) ਦੂਰ ਕਰ ਲੈਂਦੀ ਹੈ। ਹੇ ਨਾਨਕ ! ਪਵਿਤ੍ਰ ਤੇ ਸੋਹਣੇ ਜੀਵਨ ਵਾਲੀ ਉਹ ਜੀਵ-ਇਸਤ੍ਰੀ ਪ੍ਰਭੂ-ਪਤੀ ਦਾ ਦੀਦਾਰ ਕਰ ਕੇ (ਉਸ ਦੀ ਯਾਦ ਨੂੰ) ਆਪਣੇ ਹਿਰਦੇ ਦਾ ਆਸਰਾ ਬਣਾ ਲੈਂਦੀ ਹੈ। ੧।

ਸਚਿ ਨਵੇਲੜੀਏ ਜੋਬਨਿ ਬਾਲੀ ਰਾਮ ॥ ਆਉ ਨ ਜਾਉ ਕਹੀ ਅਪਨੇ ਸਹ ਨਾਲੀ ਰਾਮ ॥ ਨਾਹ ਅਪਨੇ ਸੰਗਿ ਦਾਸੀ ਮੈ ਭਗਤਿ ਹਰਿ ਕੀ ਭਾਵਏ ॥ ਅਗਾਧਿ ਬੋਧਿ ਅਕਥੁ ਕਥੀਐ ਸਹਜਿ ਪ੍ਰਭ ਗੁਣ ਗਾਵਏ ॥ ਰਾਮ ਨਾਮ ਰਸਾਲ ਰਸੀਆ ਰਵੈ ਸਾਚਿ ਪਿਆਰੀਆ॥ ਗੁਰਿ ਸਬਦੁ ਦੀਆ ਦਾਨੁ ਕੀਆ ਨਾਨਕਾ ਵੀਚਾਰੀਆ ॥ ੨ ॥ [ਪੰਨਾ ੮੪੩]

ਪਦ ਅਰਥ :-ਸਚਿ-ਸਦਾ-ਥਿਰ ਪ੍ਰਭੂ ਵਿਚ ਜੁੜ ਕੇ। ਨਵੇਲੜੀਏ-ਹੇ ਵਿਕਾਰਾਂ ਤੋਂ ਬਚੀ ਜੀਵ-ਇਸਤ੍ਰੀਏ ! ਜੋਬਨਿ-ਜੋਬਨ ਵਿਚ, ਜਵਾਨੀ ਵਿਚ। ਬਾਲੀ-ਬਾਲ ਸੁਭਾਵ ਵਾਲੀ, ਭੋਲੇ ਸੁਭਾਉ ਵਾਲੀ। ਕਹੀ-ਕਿਸੇ ਹੋਰ ਥਾਂ। ਆਉ ਨ ਜਾਉ-ਨਾਂਹ ਆ, ਨਾਂਹ ਜਾਹ। ਨਾਲੀ-ਨਾਲਿ। ਸਹ ਨਾਲੀ-ਸਹ ਨਾਲਿ, ਖਸਮ-ਪ੍ਰਭੂ ਨਾਲ (ਜੁੜੀ ਰਹੁ)। ਨਾਹ ਸੰਗਿ-ਖਸਮ ਦੇ ਨਾਲ। ਮੈ-ਮੈਨੂੰ। ਭਾਵਏ-ਭਾਵੈ,ਪਿਆਰੀ ਲੱਗਦੀ ਹੈ। ਅਗਾਧਿ-ਅਗਾਧ (ਪ੍ਰਭੂ) ਵਿਚ। ਅਗਾਧ-[अगाध-Unfathomable] ਅਥਾਹ। ਬੋਧਿ-ਬੋਧ ਦੀ ਰਾਹੀਂ, (ਗੁਰੂ ਦੇ ਬਖ਼ਸ਼ੇ) ਗਿਆਨ ਦੀ ਬਰਕਤਿ ਨਾਲ। ਅਕਥੁ-ਉਹ ਪ੍ਰਭੂ ਜਿਸ ਦੇ ਸਾਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ। ਕਥੀਐ-ਕਥਨਾ ਚਾਹੀਦਾ ਹੈ, ਗੁਣਾਨੁਵਾਦ ਕਰਨਾ ਚਾਹੀਦਾ ਹੈ। ਸਹਜਿ-ਆਤਮਕ ਅਡੋਲਤਾ ਵਿਚ (ਟਿਕ ਕੇ)। ਗਾਵਏ-ਗਾਵੈ, (ਜੋ) ਗਾਂਦੀ ਹੈ। ਰਸਾਲ-[ਰਸ-ਆਲਯ] ਰਸਾਂ ਦਾ ਘਰ, ਰਸਾਂ ਦਾ ਸੋਮਾ। ਰਸੀਆ-ਰਸਾਂ ਦਾ ਮਾਲਕ। ਸਾਚਿ-ਸਦਾ-ਥਿਰ ਪ੍ਰਭੂ-ਨਾਮ ਵਿਚ। ਪਿਆਰੀਆ -ਪਿਆਰ ਕਰਨ ਵਾਲੀਆਂ ਨੂੰ। ਗੁਰਿ-ਗੁਰੂ ਨੇ। ਵੀਚਾਰੀਆ-ਵਿਚਾਰਵਾਨ। ੨।

ਅਰਥ :-ਹੇ ਸਦਾ-ਥਿਰ ਪ੍ਰਭੂ ਵਿਚ ਜੁੜ ਕੇ ਵਿਕਾਰਾਂ ਤੋਂ ਬਚੀ ਜੀਵ-ਇਸਤ੍ਰੀਏ ! ਜਵਾਨੀ ਵਿਚ ਭੀ ਭੋਲੇ ਸੁਭਾਉ ਵਾਲੀ (ਬਣੀ ਰਹੁ; ਅਹੰਕਾਰ ਛੱਡ ਕੇ) ਆਪਣੇ ਖਸਮ-

ਪ੍ਰਭੂ (ਦੇ ਚਰਨਾਂ) ਵਿਚ ਟਿਕੀ ਰਹੁ (ਵੇਖੀਂ, ਉਸ ਦਾ ਪੱਲਾ ਛੱਡ ਕੇ) ਕਿਸੇ ਹੋਰ ਥਾਂ ਨਾਹ ਭਟਕਦੀ ਫਿਰੀਂ ।

ਉਹੀ ਦਾਸੀ (ਸੁਭਾਗ ਹੈ ਜੋ) ਆਪਣੇ ਖਸਮ ਦੀ ਸੰਗਤਿ ਵਿਚ ਰਹਿੰਦੀ ਹੈ। (ਹੇ ਸਹੇਲੀਏ !) ਮੈਨੂੰ ਭੀ ਪ੍ਰਭੂ-ਪਤੀ ਦੀ ਭਗਤੀ ਹੀ ਪਿਆਰੀ ਲਗਦੀ ਹੈ, (ਜੇਹੜੀ ਜੀਵ-ਇਸਤ੍ਰੀ) ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰਭੂ ਦੇ ਗੁਣ ਗਾਂਦੀ ਹੈ (ਉਹ ਦਾਸੀ ਆਪਣੇ ਖਸਮ-ਪ੍ਰਭੂ ਦੀ ਸੰਗਤਿ ਵਿਚ ਸੋਭਦੀ ਹੈ)। (ਸੋ, ਸਹੇਲੀਏ ! ਗੁਰੂ ਦੇ ਬਖ਼ਸ਼ੇ) ਗਿਆਨ ਦੀ ਰਾਹੀਂ (ਗੁਣਾਂ ਦੇ) ਅਥਾਹ (ਸਮੁੰਦਰ-) ਪ੍ਰਭੂ ਵਿਚ (ਚੁੱਭੀ ਲਾ ਕੇ) ਉਸ ਪ੍ਰਭੂ ਦਾ ਗੁਣਾਨੁਵਾਦ ਕਰਨਾ ਚਾਹੀਦਾ ਹੈ। ਉਹ ਪ੍ਰਭੂ ਐਸੇ ਸਰੂਪ ਵਾਲਾ ਹੈ ਜਿਸ ਦਾ ਬਿਆਨ ਨਹੀਂ ਹੋ ਸਕਦਾ।

ਰਸਾਂ ਦਾ ਸੋਮਾ ਰਸਾਂ ਦਾ ਮਾਲਕ ਪ੍ਰਭੂ ਉਸ ਜੀਵ-ਇਸਤ੍ਰੀ ਨੂੰ ਆਪਣੇ ਚਰਨਾਂ ਵਿਚ ਜੋੜਦਾ ਹੈ ਜੋ ਉਸ ਦੇ ਸਦਾ-ਥਿਰ ਨਾਮ ਵਿਚ ਪਿਆਰ ਪਾਂਦੀ ਹੈ। ਹੇ ਨਾਨਕ ! ਜਿਸ ਸੁਭਾਗ ਜੀਵ-ਇਸਤ੍ਰੀ ਨੂੰ ਗੁਰੂ ਨੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਸ਼ਬਦ ਦਿੱਤਾ, ਜਿਸ ਨੂੰ ਇਹ ਉੱਚੀ ਦਾਤਿ ਬਖ਼ਸ਼ੀ, ਉਹ ਉੱਚੀ ਵਿਚਾਰ ਦੀ ਮਾਲਕ ਬਣ ਜਾਂਦੀ ਹੈ। ੨।

ਸ੍ਰੀਧਰ ਮੋਹਿਅੜੀ ਪਿਰ ਸੰਗਿ ਸੂਤੀ ਰਾਮ ॥ ਗੁਰ ਕੈ ਭਾਇ ਚਲੋ ਸਾਚਿ ਸੰਗੂਤੀ ਰਾਮ ॥ ਧਨ ਸਾਚਿ ਸੰਗੂਤੀ ਹਰਿ ਸੰਗਿ ਸੂਤੀ ਸੰਗਿ ਸਖੀ ਸਹੇਲੀਆ॥ਇਕ ਭਾਇ ਇਕ ਮਨਿ ਨਾਮੁ ਵਸਿਆ ਸਤਿਗੁਰੂ ਹਮ ਮੇਲੀਆ॥ ਦਿਨੁ ਰੈਣਿ ਘੜੀ ਨ ਚਸਾ ਵਿਸਰੈ ਸਾਸਿ ਸਾਸਿ ਨਿਰੰਜਨੋ ॥ ਸਬਦਿ ਜੋਤਿ ਜਗਾਇ ਦੀਪਕੁ ਨਾਨਕਾ ਭਉ ਭੰਜਨੋ ॥੩॥ [ਪੰਨਾ ੮੪੩]

ਪਦ ਅਰਥ :—ਸ੍ਰੀ—ਲੱਛਮੀ, ਮਾਇਆ । ਸ੍ਰੀਧਰ—ਲੱਛਮੀ ਦਾ ਆਸਰਾ, ਪਰਮਾਤਮਾ। ਮੋਹਿਅੜੀ—ਮੋਹੀ ਹੋਈ, ਪਿਆਰ-ਵੱਸ ਹੋ ਚੁਕੀ। ਸੰਗਿ—ਨਾਲ। ਸੂਤੀ—ਸੁੱਤੀ ਹੋਈ, ਚਰਨਾਂ ਵਿਚ ਜੁੜੀ ਹੋਈ। ਭਾਇ—ਪਿਆਰ ਵਿਚ, ਅਨੁਸਾਰ। ਚਲੋ—ਚਾਲ, ਜੀਵਨ। ਸਾਚਿ—ਸਦਾ-ਥਿਰ ਪ੍ਰਭੂ ਵਿਚ। ਸੰਗੂਤੀ—ਸੰਗਤਿ ਵਿਚ, ਲੀਨ। ਧਨ—ਜੀਵ-ਇਸਤ੍ਰੀ। ਸੰਗਿ ਸਖੀ ਸਹੇਲੀਆ—ਸਤਸੰਗੀਆਂ ਦੀ ਸੰਗਤਿ ਵਿਚ। ਇਕ ਭਾਇ—ਇੱਕ ਦੇ ਪ੍ਰੇਮ ਵਿਚ, ਸਿਰਫ਼ ਪਰਮਾਤਮਾ ਦੇ ਪ੍ਰੇਮ ਵਿਚ। ਇਕ ਮਨਿ—ਇਕਾਗਰ ਮਨ ਨਾਲ। ਹਮ—ਅਸਾਨੂੰ। ਰੈਣਿ—ਰਾਤ। ਚਸਾ—ਪਲ ਦਾ ਵੀਹਵਾਂ ਹਿੱਸਾ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਨਿਰੰਜਨੋ—[ਨਿਰ-ਅੰਜਨ] ਜਿਸ ਉਤੇ ਮਾਇਆ ਦੇ ਮੋਹ ਦੀ ਕਾਲਖ ਦਾ ਪ੍ਰਭਾਵ ਨਹੀਂ ਪੈ ਸਕਦਾ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਜਗਾਇ—

ਜਗਾ ਕੇ। ਦੀਪਕੁ—ਦੀਵਾ। ਭਉ—(ਹਰੇਕ) ਡਰ, ਸਹਿਮ। ਭੰਜਨੋ—ਨਾਸ ਕਰ ਲਿਆ।੩।

ਅਰਥ :—(ਹੇ ਭਾਈ! ਜਿਹੜੀ ਜੀਵ-ਇਸਤ੍ਰੀ ਦੀ) ਜੀਵਨ-ਚਾਲ ਗੁਰੂ ਦੇ ਅਨੁਸਾਰ ਰਹਿੰਦੀ ਹੈ ਜਿਹੜੀ ਜੀਵ-ਇਸਤ੍ਰੀ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੀ ਯਾਦ) ਵਿਚ ਲੀਨ ਰਹਿੰਦੀ ਹੈ, (ਉਹ ਜੀਵ-ਇਸਤ੍ਰੀ) ਮਾਇਆ ਦੇ ਪਤੀ-ਪ੍ਰਭੂ ਦੇ ਪਿਆਰ-ਵੱਸ ਹੋ ਜਾਂਦੀ ਹੈ ਉਹ ਜੀਵ-ਇਸਤ੍ਰੀ ਪਤੀ-ਪ੍ਰਭੂ ਦੇ ਚਰਨਾਂ ਵਿਚ ਜੁੜੀ ਰਹਿੰਦੀ ਹੈ। ਹੇ ਭਾਈ! ਸਤ-ਸੰਗਣ ਸਹੇਲੀਆਂ ਨਾਲ ਮਿਲ ਕੇ ਜਿਹੜੀ ਜੀਵ-ਇਸਤ੍ਰੀ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਲੀਨ ਹੁੰਦੀ ਹੈ, ਪ੍ਰਭੂ-ਪਤੀ ਦੇ ਚਰਨਾਂ ਵਿਚ ਜੁੜਦੀ ਹੈ, ਪਰਮਾਤਮਾ ਦੇ ਪਿਆਰ ਵਿਚ ਇਕਾਗਰ-ਮਨ ਟਿਕਣ ਦੇ ਕਾਰਨ (ਉਸ ਦੇ ਅੰਦਰ ਪਰਮਾਤਮਾ ਦਾ) ਨਾਮ ਆ ਵੱਸਦਾ ਹੈ (ਉਸ ਦੇ ਅੰਦਰ ਇਹ ਸਰਧਾ ਬਣ ਜਾਂਦੀ ਹੈ ਕਿ) ਗੁਰੂ ਨੇ ਮੈਨੂੰ) ਪ੍ਰਭੂ ਦੇ ਚਰਨਾਂ ਵਿਚ) ਮਿਲਾਇਆ ਹੈ। (ਉਸ ਜੀਵ-ਇਸਤ੍ਰੀ ਨੂੰ) ਦਿਨ ਰਾਤ ਘੜੀ ਪਲ (ਕਿਸੇ ਵੇਲੇ ਭੀ ਪਰਮਾਤਮਾ ਦੀ ਯਾਦ) ਨਹੀਂ ਭੁੱਲਦੀ; (ਉਹ ਜੀਵ-ਇਸਤ੍ਰੀ) ਹਰੇਕ ਸਾਹ ਦੇ ਨਾਲ ਨਿਰੰਜਨ-ਪ੍ਰਭੂ (ਨੂੰ ਚੇਤੇ ਰੱਖਦੀ ਹੈ)। ਹੇ ਨਾਨਕ! (ਆਖ—ਹੇ ਭਾਈ!) ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਅੰਦਰ ਰੱਬੀ) ਜੋਤਿ ਜਗਾ ਕੇ ਦੀਵਾ ਜਗਾ ਕੇ (ਉਹ ਜੀਵ-ਇਸਤ੍ਰੀ ਆਪਣੇ ਅੰਦਰੋਂ ਹਰੇਕ) ਡਰ-ਸਹਿਮ ਨਾਸ ਕਰ ਲੈਂਦੀ ਹੈ।੩।

ਜੋਤਿ ਸਬਾਇੜੀਏ ਤ੍ਰਿਭਵਣ ਸਾਰੇ ਰਾਮ॥ਘਟਿ ਘਟਿ ਰਵਿ ਰਹਿਆ ਅਲਖ ਅਪਾਰੇ ਰਾਮ ॥ ਅਲਖ ਅਪਾਰ ਅਪਾਰੁ ਸਾਚਾ ਆਪੁ ਮਾਰਿ ਮਿਲਾਈਐ॥ ਹਉਮੈ ਮਮਤਾ ਲੋਭੁ ਜਾਲਹੁ ਸਬਦਿ ਮੈਲੁ ਚੁਕਾਈਐ॥ਦਰਿ ਜਾਇ ਦਰਸਨੁ ਕਰੀ ਭਾਣੈ ਤਾਰਿ ਤਾਰਣਹਾਰਿਆ ॥ ਹਰਿ ਨਾਮੁ ਅੰਮ੍ਰਿਤੁ ਚਾਖਿ ਤ੍ਰਿਪਤੀ ਨਾਨਕਾ ਉਰਧਾਰਿਆ ॥ ੪ ॥ ੧ ॥ [ਪੰਨਾ ੮੪੩]

ਪਦ ਅਰਥ :—ਸਬਾਇੜੀਏ—ਸਬਾਇ ਅੜੀਏ! ਸਬਾਇ—ਹਰ ਥਾਂ। ਅੜੀਏ—ਹੇ ਸਹੇਲੀਏ! ਤ੍ਰਿਭਵਣ—ਤਿੰਨ ਭਵਨ, ਸਾਰਾ ਜਗਤ। ਸਾਰੇ—ਸੰਭਾਲ ਕਰਦਾ ਹੈ। ਘਟਿ ਘਟਿ—ਹਰੇਕ ਸਰੀਰ ਵਿਚ। ਰਵਿ ਰਹਿਆ—ਵਿਆਪਕ ਹੈ। ਅਲਖ—ਅਦ੍ਰਿਸ਼ਟ। ਅਪਾਰ—ਬੇਅੰਤ। ਸਾਚਾ—ਸਦਾ ਕਾਇਮ ਰਹਿਣ ਵਾਲਾ। ਆਪੁ—ਆਪਾ-ਭਾਵ। ਮਾਰਿ—ਮਾਰ ਕੇ। ਜਾਲਹੁ—ਸਾੜ ਦਿਉ। ਮਮਤਾ—[ਮਮ—ਮੇਰੀ] ਅਪਣੱਤ, ਮਾਇਆ ਜੋੜਨ ਦੀ ਖਿੱਚ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਚੁਕਾਈਐ—ਦੂਰ ਕਰ ਸਕੀਦੀ ਹੈ। ਦਰਿ—(ਗੁਰੂ ਦੇ) ਦਰ ਤੇ। ਕਰੀ—ਕਰੀਂ, ਹੇ ਸਹੇਲੀਏ! ਕਰ ਲਈਂ। ਭਾਣੈ—ਭਾਣੇ ਵਿਚ,

ਰਜ਼ਾ ਵਿਚ। ਤਾਰਣਹਾਰਿਆ—ਹੇ ਤਾਰਣਹਾਰ! ਤਾਰਨ ਦੀ ਸਮਰਥਾ ਵਾਲੇ ਹੇ ਪ੍ਰਭੂ! ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਚਾਖਿ—ਚੱਖ ਕੇ। ਤ੍ਰਿਪਤੀ—(ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਈ। ਉਰ—ਹਿਰਦਾ। ੪।

ਅਰਥ :—ਹੇ ਸਹੇਲੀਏ! (ਪਰਮਾਤਮਾ ਦੀ) ਜੋਤਿ ਹਰ ਥਾਂ (ਪਸਰੀ ਹੋਈ) ਹੈ, ਉਹ ਪ੍ਰਭੂ ਸਾਰੇ ਜਗਤ ਦੀ ਸੰਭਾਲ ਕਰਦਾ ਹੈ। ਉਹ ਅਦ੍ਰਿਸ਼ਟ ਤੇ ਬੇਅੰਤ ਪ੍ਰਭੂ ਹਰੇਕ ਸਰੀਰ ਵਿਚ ਮੌਜੂਦ ਹੈ।

ਹੇ ਸਹੇਲੀਏ! ਉਹ ਪਰਮਾਤਮਾ ਅਦ੍ਰਿਸ਼ਟ ਹੈ, ਬੇਅੰਤ ਹੈ, ਬੇਅੰਤ ਹੈ, ਉਹ ਸਦਾ ਕਾਇਮ ਰਹਿਣ ਵਾਲਾ ਹੈ। ਆਪਾ-ਭਾਵ ਮਾਰ ਕੇ (ਹੀ ਉਸ ਨੂੰ) ਮਿਲ ਸਕੀਦਾ ਹੈ। ਹੇ ਸਹੇਲੀਏ! (ਆਪਣੇ ਅੰਦਰੋਂ) ਹਉਮੈ, ਮਾਇਆ ਜੋੜਨ ਦੀ ਖਿੱਚ ਤੇ ਲਾਲਚ ਸਾੜ ਦੇਹ (ਸਹੇਲੀਏ! ਹਉਮੈ ਮਮਤਾ ਲੋਭ ਆਦਿਕ ਦੀ) ਮੈਲ ਗੁਰੂ ਦੇ ਸ਼ਬਦ ਦੀ ਰਾਹੀਂ ਹੀ ਮੁਕਾਈ ਜਾ ਸਕਦੀ ਹੈ।

(ਸੋ, ਹੇ ਸਹੇਲੀਏ! ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦੀ) ਰਜ਼ਾ ਵਿਚ (ਤੁਰ ਕੇ ਜੀਵਨ ਬਿਤੀਤ ਕਰ, ਤੇ ਅਰਦਾਸ ਕਰਿਆ ਕਰ—) ਹੇ ਤਾਰਨਹਾਰ ਪ੍ਰਭੂ!(ਮੈਨੂੰ ਵਿਕਾਰਾਂ ਦੇ ਸਮੁੰਦਰ ਤੋਂ)ਪਾਰ ਲੰਘਾ ਲੈ (ਇਸ ਤਰ੍ਹਾਂ, ਹੇ ਸਹੇਲੀਏ! ਗੁਰੂ ਦੇ) ਦਰ ਤੇ ਜਾ ਕੇ (ਪਰਮਾਤਮਾ ਦਾ) ਦਰਸ਼ਨ ਕਰ ਲਏਂਗੀ।

ਹੇ ਨਾਨਕ! (ਆਖ—ਹੇ ਸਹੇਲੀਏ! ਜਿਹੜੀ ਜੀਵ-ਇਸਤ੍ਰੀ ਪ੍ਰਭੂ ਦਾ ਨਾਮ ਆਪਣੇ) ਹਿਰਦੇ ਵਿਚ ਵਸਾਂਦੀ ਹੈ ਉਹ ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ-ਜਲ ਚੱਖ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦੀ ਹੈ। ੪। ੧।

ਬਿਲਾਵਲੁ ਮਹਲਾ ੧॥ ਮੈ ਮਨਿ ਚਾਉ ਘਣਾ ਸਾਚਿ ਵਿਗਾਸੀ ਰਾਮ॥ ਮੋਹੀ ਪ੍ਰੇਮ ਪਿਰੇ ਪ੍ਰਭਿ ਅਬਿਨਾਸੀ ਰਾਮ॥ ਅਵਿਗਤੋ ਹਰਿ ਨਾਥੁ ਨਾਥਹ ਤਿਸੈ ਭਾਵੈ ਸੋ ਥੀਐ॥ ਕਿਰਪਾਲੁ ਸਦਾ ਦਇਆਲੁ ਦਾਤਾ ਜੀਆ ਅੰਦਰਿ ਤੂੰ ਜੀਐ॥ ਮੈ ਅਵਰੁ ਗਿਆਨੁ ਨ ਧਿਆਨੁ ਪੂਜਾ ਹਰਿਨਾਮੁ ਅੰਤਰਿ ਵਸਿ ਰਹੇ॥ ਭੇਖੁ ਭਵਨੀ ਹਠੁ ਨ ਜਾਨਾ ਨਾਨਕਾ ਸਚੁ ਗਹਿ ਰਹੇ॥ ੧॥ [ਪੰਨਾ ੮੪੩]

ਪਦ ਅਰਥ :—ਮੈ ਮਨਿ—ਮੇਰੇ ਮਨ ਵਿਚ। ਘਣਾ—ਬਹੁਤ। ਸਾਚਿ—ਸਦਾ-ਥਿਰ ਹਰਿ-ਨਾਮ ਵਿਚ (ਟਿਕ ਕੇ)। ਵਿਗਾਸੀ—ਮੈਂ ਖਿੜ ਰਹੀ ਹਾਂ, ਮੇਰਾ ਮਨ ਖਿੜਿਆ ਰਹਿੰਦਾ ਹੈ। ਪਿਰੇ—ਪਿਰਿ, ਪਿਰ ਨੇ। ਪ੍ਰਭਿ—ਪ੍ਰਭੂ ਨੇ। ਅਵਿਗਤੋ—[अव्यक्त] ਅਦ੍ਰਿਸ਼ਟ। ਨਾਥੁ ਨਾਥਹ—ਨਾਥਾਂ ਦਾ ਨਾਥ। ਤਿਸੈ—ਉਸ (ਪ੍ਰਭੂ) ਨੂੰ ਹੀ। ਥੀਐ—ਹੁੰਦਾ

ਹੈ। ਜੀਐ—ਜਿੰਦ ਦੇਣ ਵਾਲਾ। ਅਵਰੁ—ਹੋਰ। ਗਿਆਨੁ—ਧਰਮ-ਚਰਚਾ। ਧਿਆਨੁ—ਸਮਾਧੀ ਆਦਿਕ ਦਾ ਉੱਦਮ। ਭਵਨੀ—ਤੀਰਥ-ਜਾਤ੍ਰਾ। ਹਠੁ—ਹਠ (ਦੇ ਆਸਰੇ ਕੀਤੇ) ਯੋਗ-ਆਸਣ। ਸਚੁ—ਸਦਾ-ਥਿਰ ਰਹਿਣ ਵਾਲਾ ਪਰਮਾਤਮਾ। ੧।

ਅਰਥ :—ਹੇ ਸਹੇਲੀਏ ! ਅਬਿਨਾਸ਼ੀ ਪਿਆਰੇ ਪ੍ਰਭੂ ਨੇ (ਮੇਰੇ ਮਨ ਨੂੰ ਆਪਣੇ) ਪ੍ਰੇਮ (ਦੀ ਖਿੱਚ ਨਾਲ) ਮਸਤ ਕਰ ਰੱਖਿਆ ਹੈ, ਸਦਾ ਥਿਰ ਰਹਿਣ ਵਾਲੇ ਪਰਮਾਤਮਾ (ਦੇ ਨਾਮ) ਵਿਚ (ਟਿਕ ਕੇ) ਮੇਰਾ ਮਨ ਖਿੜਿਆ ਰਹਿੰਦਾ ਹੈ, ਮੇਰੇ ਮਨ ਵਿਚ ਬਹੁਤ ਚਾਉ ਬਣਿਆ ਰਹਿੰਦਾ ਹੈ। ਹੇ ਸਹੇਲੀਏ ! ਉਹ ਪਰਮਾਤਮਾ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ, ਪਰ ਉਹ ਪਰਮਾਤਮਾ (ਵੱਡੇ ਵੱਡੇ) ਨਾਥਾਂ ਦਾ (ਭੀ) ਨਾਥ ਹੈ, (ਜਗਤ ਵਿਚ) ਉਹ ਹੀ ਹੁੰਦਾ ਹੈ, ਜੋ ਉਸ ਪਰਮਾਤਮਾ ਨੂੰ ਹੀ ਚੰਗਾ ਲੱਗਦਾ ਹੈ।

ਹੇ ਪ੍ਰਭੂ ! ਤੂੰ ਮਿਹਰ ਦਾ ਸਮੁੰਦਰ ਹੈਂ, ਤੂੰ ਸਦਾ ਹੀ ਦਇਆ ਦਾ ਸੋਮਾ ਹੈਂ, ਤੂੰ ਹੀ ਸਭ ਦਾਤਾਂ ਦੇਣ ਵਾਲਾ ਹੈਂ, ਤੂੰ ਸਭ ਜੀਵਾਂ ਦੇ ਅੰਦਰ ਜਿੰਦ ਹੈਂ।

ਹੇ ਸਹੇਲੀਏ ! (ਮੇਰੇ) ਮਨ ਵਿਚ ਪਰਮਾਤਮਾ ਦਾ ਨਾਮ ਵੱਸ ਰਿਹਾ ਹੈ (ਇਸ ਹਰਿ-ਨਾਮ ਦੇ ਬਰਾਬਰ ਦੀ) ਮੈਨੂੰ ਕੋਈ ਧਰਮ-ਚਰਚਾ, ਕੋਈ ਸਮਾਧੀ, ਕੋਈ ਦੇਵ-ਪੂਜਾ ਨਹੀਂ ਸੁੱਝਦੀ। ਹੇ ਨਾਨਕ ! (ਆਖ—ਹੇ ਸਹੇਲੀਏ !) ਮੈਂ ਸਦਾ ਕਾਇਮ ਰਹਿਣ ਵਾਲੇ ਹਰਿ-ਨਾਮ ਨੂੰ (ਆਪਣੇ ਹਿਰਦੇ ਵਿਚ) ਪੱਕੀ ਤਰ੍ਹਾਂ ਟਿਕਾ ਲਿਆ ਹੈ (ਇਸ ਦੇ ਬਰਾਬਰ ਦਾ) ਮੈਂ ਕੋਈ ਭੇਖ, ਕੋਈ ਤੀਰਥ-ਰਟਨ, ਕੋਈ ਹਠ-ਜੋਗ ਨਹੀਂ ਸਮਝਦੀ। ੧।

ਭਿੰਨੜੀ ਰੈਣਿ ਭਲੀ ਦਿਨਸ ਸੁਹਾਏ ਰਾਮ ॥ ਨਿਜ ਘਰਿ ਸੂਤੜੀਏ ਪਿਰਮੁ ਜਗਾਏ ਰਾਮ ॥ ਨਵਹਾਣਿ ਨਵ ਧਨ ਸਬਦਿ ਜਾਗੀ ਆਪਣੇ ਪਿਰ ਭਾਣੀਆ ॥ ਤਜਿ ਕੂੜੁ ਕਪਟੁ ਸੁਭਾਉ ਦੂਜਾ ਚਾਕਰੀ ਲੋਕਾਣੀਆ ॥ ਮੈ ਨਾਮੁ ਹਰਿ ਕਾ ਹਾਰੁ ਕੰਠੇ ਸਾਚ ਸਬਦੁ ਨੀਸਾਣਿਆ ॥ ਕਰ ਜੋੜਿ ਨਾਨਕੁ ਸਾਚੁ ਮਾਗੈ ਨਦਰਿ ਕਰਿ ਤੁਧੁ ਭਾਣਿਆ ॥੨॥ [੮੪੪]

ਪਦ ਅਰਥ :—ਭਿੰਨੜੀ—(ਹਰਿ-ਨਾਮ ਦੇ ਰਸ ਨਾਲ) ਭਿੱਜੀ ਹੋਈ (ਜੀਵ-ਇਸਤ੍ਰੀ) ਨੂੰ। ਰੈਣਿ—ਰਾਤ। ਸੁਹਾਏ—ਸੁਹਾਵਣੇ, ਸੁਖ ਦੇਣ ਵਾਲੇ। ਨਿਜ ਘਰਿ—ਆਪਣੇ ਘਰ ਵਿਚ, ਆਪਣੇ ਆਪ ਵਿਚ। ਸੂਤੜੀਏ—ਸੁੱਤੀ ਜੀਵ-ਇਸਤ੍ਰੀਏ ! ਹਰਿ-ਨਾਮ ਵਲੋਂ ਬੇ-ਪਰਵਾਹ ਹੋ ਰਹੀ ਜੀਵ-ਇਸਤ੍ਰੀਏ ! ਪਿਰਮੁ—ਪ੍ਰਭੂ ਦਾ ਪ੍ਰੇਮ। ਜਗਾਏ—(ਮਾਇਆ ਦੇ ਮੋਹ ਤੋਂ) ਸੁਚੇਤ ਕਰਦਾ ਹੈ। ਹਾਣਿ—(ਹ਼ਾਯਨ) ਸਾਲ, ਵਰ੍ਹਾ। ਨਵ ਹਾਣਿ—ਨਵੀਂ ਉਮਰ ਵਾਲੀ, ਵਿਕਾਰਾਂ ਤੋਂ ਬਚੀ ਹੋਈ। ਧਨ—ਜੀਵ-ਇਸਤ੍ਰੀ। ਨਵ—ਨਵੀਂ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਜਾਗੀ—(ਮਾਇਆ ਦੇ ਮੋਹ ਤੋਂ) ਸੁਚੇਤ

ਹੁੰਦੀ ਹੈ। ਪਿਰ ਭਾਣੀਆ–ਪ੍ਰਭੂ ਨੂੰ ਪਿਆਰੀ ਲੱਗਦੀ ਹੈ। ਤਜਿ–ਤਿਆਗ ਕੇ। ਕੂੜੁ–ਝੂਠ, ਨਾਸਵੰਤ ਪਦਾਰਥਾਂ ਦਾ ਮੋਹ। ਸੁਭਾਉ ਦੂਜਾ–ਪ੍ਰਭੂ ਨੂੰ ਛੱਡ ਕੇ ਹੋਰ ਨਾਲ ਪਿਆਰ ਪਾਈ ਰੱਖਣ ਵਾਲੀ ਆਦਤ। ਲੋਕਾਣੀਆ–ਲੋਕਾਂ ਦੀ। ਚਾਕਰੀ–ਖ਼ੁਸ਼ਾਮਦ, ਮੁਥਾਜੀ। ਕੰਠੇ–ਗਲੇ ਵਿਚ। ਸਾਚ ਸਬਦੁ–ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ। ਨੀਸਾਣਿਆ–ਪਰਵਾਨਾ, ਰਾਹਦਾਰੀ, ਜ਼ਿੰਦਗੀ ਦੀ ਅਗਵਾਈ ਕਰਨ ਵਾਲਾ ਪਰਵਾਨਾ। ਕਰ–ਹੱਥ [ਬਹੁ ਵਚਨ]। ਸਾਚੁ–ਸਦਾ-ਥਿਰ ਹਰਿ-ਨਾਮ। ਨਦਰਿ–ਮਿਹਰ ਦੀ ਨਿਗਾਹ। ਤੁਧੁ ਭਾਣਿਆ–ਜੇ ਤੈਨੂੰ ਚੰਗਾ ਲੱਗੇ। ੨।

ਅਰਥ :–ਹੇ ਆਪਣੇ ਆਪ ਵਿਚ ਹੀ ਮਸਤ ਰਹਿਣ ਵਾਲੀ ਜੀਵ-ਇਸਤ੍ਰੀਏ ! (ਵੇਖ, ਜਿਸ ਜੀਵ-ਇਸਤ੍ਰੀ ਨੂੰ) ਪਰਮਾਤਮਾ ਦਾ ਪਿਆਰ (ਮਾਇਆ ਦੇ ਮੋਹ ਤੋਂ) ਸੁਚੇਤ ਕਰਦਾ ਹੈ, ਜਿਹੜੀ ਜੀਵ-ਇਸਤ੍ਰੀ ਗੁਰੂ ਦੇ ਸ਼ਬਦ ਦੀ ਬਰਕਤ ਨਾਲ (ਮਾਇਆ ਦੇ ਮੋਹ ਤੋਂ) ਸੁਚੇਤ ਹੁੰਦੀ ਹੈ, ਉਹ ਜੀਵ-ਇਸਤ੍ਰੀ ਵਿਕਾਰਾਂ ਤੋਂ ਬਚੀ ਰਹਿੰਦੀ ਹੈ, ਹਰਿ-ਨਾਮ-ਰਸ ਵਿਚ ਭਿੱਜੀ ਹੋਈ ਉਸ ਜੀਵ-ਇਸਤ੍ਰੀ ਨੂੰ (ਜ਼ਿੰਦਗੀ ਦੀਆਂ) ਰਾਤਾਂ ਤੇ ਦਿਨ ਸਭ ਸੁਹਾਵਣੇ ਲੱਗਦੇ ਹਨ। ਉਹ ਜੀਵ-ਇਸਤ੍ਰੀ ਨਾਸਵੰਤ ਪਦਾਰਥਾਂ ਦਾ ਮੋਹ, ਠੱਗੀ-ਫ਼ਰੇਬ, ਮਾਇਆ ਨਾਲ ਪਿਆਰ ਪਾਈ ਰੱਖਣ ਵਾਲੀ ਆਦਤ, ਅਤੇ ਲੋਕਾਂ ਦੀ ਮੁਥਾਜੀ ਛੱਡ ਕੇ ਆਪਣੇ ਪ੍ਰਭੂ-ਪਤੀ ਨੂੰ ਪਿਆਰੀ ਲੱਗਣ ਲੱਗ ਪੈਂਦੀ ਹੈ।

ਹੇ ਸਹੇਲੀਏ ! (ਜਿਵੇਂ) ਗਲ ਵਿਚ ਹਾਰ (ਪਾਈਦਾ ਹੈ, ਤਿਵੇਂ) ਪਰਮਾਤਮਾ ਦਾ ਨਾਮ ਮੈਂ (ਆਪਣੇ ਗਲੇ ਵਿਚ ਪ੍ਰੋ ਲਿਆ ਹੈ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ (ਮੇਰੀ ਜ਼ਿੰਦਗੀ ਦੀ ਅਗਵਾਈ ਕਰਨ ਵਾਲਾ) ਪਰਵਾਨਾ ਹੈ। ਨਾਨਕ (ਦੋਵੇਂ) ਹੱਥ ਜੋੜ ਕੇ (ਪਰਮਾਤਮਾ ਦੇ ਦਰ ਤੋਂ ਉਸ ਦਾ) ਸਦਾ-ਥਿਰ ਰਹਿਣ ਵਾਲਾ ਨਾਮ ਮੰਗਦਾ ਰਹਿੰਦਾ ਹੈ (ਅਤੇ ਆਖਦਾ ਹੈ–ਹੇ ਪ੍ਰਭੂ !) ਜੇ ਤੈਨੂੰ ਚੰਗਾ ਲੱਗੇ (ਤਾਂ ਮੇਰੇ ਉੱਤੇ) ਮਿਹਰ ਦੀ ਨਿਗਾਹ ਕਰ (ਮੈਨੂੰ ਆਪਣਾ ਨਾਮ ਦੇਹ)। ੨।

ਜਾਗੁ ਸਲੋਨੜੀਏ ਬੋਲੈ ਗੁਰਬਾਣੀ ਰਾਮ॥ ਜਿਨਿ ਸੁਣਿ ਮੰਨਿਅੜੀ ਅਕਥ ਕਹਾਣੀ ਰਾਮ ॥ ਅਕਥ ਕਹਾਣੀ ਪਦੁ ਨਿਰਬਾਣੀ ਕੋ ਵਿਰਲਾ ਗੁਰਮੁਖਿ ਬੂਝਏ ॥ ਓਹੁ ਸਬਦਿ ਸਮਾਏ ਆਪੁ ਗਵਾਏ ਤ੍ਰਿਭਵਣ ਸੋਝੀ ਸੂਝਏ॥ ਰਹੈ ਅਤੀਤੁ ਅਪਰੰਪਰਿ ਰਾਤਾ ਸਾਚੁ ਮਨਿ ਗੁਣ ਸਾਰਿਆ॥ ਓਹੁ ਪੂਰਿ ਰਹਿਆ ਸਰਬ ਠਾਈ ਨਾਨਕਾ ਉਰਿ ਧਾਰਿਆ ॥੩॥ [੮੪੪]

ਪਦ ਅਰਥ:–ਜਾਗੁ–(ਮਾਇਆ ਦੇ ਹੱਲਿਆਂ ਵਲੋਂ) ਸਾਵਧਾਨ ਰਹੁ। ਲੋਇਣ–ਅੱਖਾਂ। ਸਲੋਨੜੀਏ–ਹੇ ਸੋਹਣੇ ਨੇਤ੍ਰਾਂ ਵਾਲੀ ਜੀਵ-ਇਸਤ੍ਰੀਏ ! ਬੋਲੈ–ਬੋਲਦੀ ਹੈ,

ਜਗਾਂਦੀ ਹੈ, ਸਾਵਧਾਨ ਕਰਦੀ ਹੈ। ਜਿਨਿ—ਜਿਸ ਨੇ। ਸੁਣਿ—ਸੁਣ ਕੇ। ਅਕਥ ਕਹਾਣੀ—ਅਕੱਥ ਪ੍ਰਭੂ ਦੀ ਸਿਫ਼ਤਿ-ਸਾਲਾਹ। ਅਕਥ—ਅ-ਕੱਥ, ਜਿਸ ਦਾ ਸਹੀ ਸਰੂਪ ਬਿਆਨ ਨਾਂਹ ਕੀਤਾ ਜਾ ਸਕੇ। ਪਦੁ—ਆਤਮਕ ਦਰਜਾ। ਨਿਰਬਾਣ—ਵਾਸਨਾ-ਰਹਿਤ। ਕੋ—ਕੋਈ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਬੂਝਏ—ਬੂਝੈ, ਸਮਝਦਾ ਹੈ। ਸਬਦਿ—ਗੁਰੂ ਦੇ ਸ਼ਬਦ ਵਿਚ। ਆਪੁ—ਆਪਾ-ਭਾਵ। ਤ੍ਰਿਭਵਣ ਸੋਝੀ—ਸਾਰੇ ਜਗਤ ਵਿਚ ਵਿਆਪਕ ਪ੍ਰਭੂ ਦੀ ਸੂਝ। ਅਤੀਤੁ—ਵਿਰਕਤ, ਮਾਇਆ ਦੇ ਮੋਹ ਤੋਂ ਪਰੇ। ਅਪਰੰਪਰਿ—ਪਰੇ ਤੋਂ ਪਰੇ ਪ੍ਰਭੂ ਵਿਚ, ਬੇਅੰਤ ਪ੍ਰਭੂ ਵਿਚ। ਰਾਤਾ—ਮਸਤ। ਸਾਚੁ—ਸਦਾ-ਥਿਰ ਪ੍ਰਭੂ। ਮਨਿ—ਮਨ ਵਿਚ। ਸਾਰਿਆ—ਸੰਭਾਲਦਾ ਹੈ। ਓਹੁ—ਉਹ (ਅਪਰੰਪਰ ਪ੍ਰਭੂ)। ਸਰਬ ਠਾਈ—ਸਭਨੀਂ ਥਾਈਂ। ਉਰਿ—ਹਿਰਦੇ ਵਿਚ। ੩।

ਪਦ ਅਰਥ :—ਹੇ ਸੋਹਣੇ ਨੇਤ੍ਰਾਂ ਵਾਲੀ ਜੀਵ-ਇਸਤ੍ਰੀਏ! (ਮਾਇਆ ਦੇ ਹੱਲਿਆਂ ਵਲੋਂ) ਸਾਵਧਾਨ ਰਹੁ, (ਤੈਨੂੰ) ਗੁਰੂ ਦੀ ਬਾਣੀ ਜਗਾ ਰਹੀ ਹੈ। ਜਿਸ (ਜੀਵ-ਇਸਤ੍ਰੀ) ਨੇ (ਗੁਰੂ ਦੀ ਬਾਣੀ)ਸੁਣ ਕੇ (ਉਸ ਵਿਚ) ਸਰਧਾ ਬਣਾਈ ਹੈ, ਉਹ ਅਕੱਥ ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਨ ਲੱਗ ਪੈਂਦੀ ਹੈ। ਅਕੱਥ ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਬਰਕਤ ਨਾਲ ਉਹ ਉਸ ਆਤਮਕ ਦਰਜੇ ਤੇ ਪਹੁੰਚ ਜਾਂਦੀ ਹੈ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ।

ਪਰ ਗੁਰੂ ਦੇ ਸਨਮੁਖ ਰਹਿਣ ਵਾਲਾ ਕੋਈ ਵਿਰਲਾ ਮਨੁੱਖ ਇਹ ਗੱਲ ਸਮਝਦਾ ਹੈ, ਉਹ (ਗੁਰਮੁਖ) ਮਨੁੱਖ ਗੁਰੂ ਦੇ ਸਬਦ ਵਿਚ ਲੀਨ ਰਹਿੰਦਾ ਹੈ, (ਆਪਣੇ ਅੰਦਰੋਂ) ਆਪਾ-ਭਾਵ ਦੂਰ ਕਰ ਲੈਂਦਾ ਹੈ, ਜਗਤ ਵਿਚ ਵਿਆਪਕ ਪਰਮਾਤਮਾ ਨਾਲ ਉਸ ਦੀ ਡੂੰਘੀ ਸਾਂਝਹੋ ਜਾਂਦੀ ਹੈ। ਉਹ ਮਨੁੱਖ ਮਾਇਆ ਦੇ ਮੋਹ ਤੋਂ ਬਚਿਆ ਰਹਿੰਦਾ ਹੈ, ਬੇਅੰਤ ਪ੍ਰਭੂ (ਦੇ ਪ੍ਰੇਮ) ਵਿਚ ਮਸਤ ਰਹਿੰਦਾ ਹੈ, ਸਦਾ ਥਿਰ ਰਹਿਣ ਵਾਲਾ ਪਰਮਾਤਮਾ (ਹਰ ਵੇਲੇ ਉਸ ਦੇ) ਮਨ ਵਿਚ (ਵੱਸਿਆ ਰਹਿੰਦਾ ਹੈ), ਉਹ (ਪਰਮਾਤਮਾ ਦੇ) ਗੁਣਾਂ ਨੂੰ ਆਪਣੇ ਰਿਹਦੇ ਵਿਚ ਵਸਾਈ ਰੱਖਦਾ ਹੈ। ਹੇ ਨਾਨਕ ! ਉਹ ਮਨੁੱਖ ਉਸ ਪ੍ਰਭੂ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ ਜਿਹੜਾ ਸਭਨੀਂ ਥਾਈਂ ਵਿਆਪਕ ਹੋ ਰਿਹਾ ਹੈ। ੩।

ਮਹਲਿ ਬੁਲਾਇੜੀਏ ਭਗਤਿ ਸਨੇਹੀ ਰਾਮ ॥ ਗੁਰਮਤਿ ਮਨਿ ਰਹਸੀ ਸੀਝਸਿ ਦੇਹੀ ਰਾਮ॥ ਮਨੁ ਮਾਰਿ ਰੀਝੇ ਸਬਦਿ ਸੀਝੇ ਤ੍ਰੈ ਲੋਕ ਨਾਥੁ ਪਛਾਣਏ ॥ ਮਨੁ ਡੀਗਿ ਡੋਲਿ ਨ ਜਾਇ ਕਤ ਹੀ ਆਪਣਾ ਪਿਰੁ ਜਾਣਏ॥ ਮੈ ਆਧਾਰੁ ਤੇਰਾ ਤੂ ਖਸਮੁ ਮੇਰਾ ਮੈ ਤਾਣੁ ਤਕੀਆ ਤੇਰਓ ॥ ਸਾਚਿ ਸੂਚਾ

ਸਦਾ ਨਾਨਕ ਗੁਰ ਸਬਦਿ ਝਗਰੁ ਨਿਬੇਰਓ ॥੪॥੨॥ [ਪੰਨਾ ੮੪੪]

ਪਦ ਅਰਥ:—ਮਹਲਿ—ਮਹੱਲ ਵਿਚ, ਪ੍ਰਭੂ ਦੇ ਚਰਨਾਂ ਵਿਚ, ਪ੍ਰਭੂ-ਦਰ ਤੇ। ਬੁਲਾਇੜੀਏ—ਹੇ ਸੱਦੀ ਹੋਈ ਜੀਵ-ਇਸਤ੍ਰੀਏ ! ਮਹਲਿ ਬੁਲਾਇੜੀਏ—ਹੇ ਪ੍ਰਭੂ-ਦਰ ਤੇ ਪਹੁੰਚੀ ਹੋਈ ਜੀਵ-ਇਸਤ੍ਰੀਏ!ਸਨੇਹੀ—ਪਿਆਰ ਕਰਨ ਵਾਲਾ। ਭਗਤਿ ਸਨੇਹੀ—ਭਗਤੀ ਨਾਲ ਪਿਆਰ ਕਰਨ ਵਾਲਾ। ਮਨਿ—ਮਨ ਵਿਚ। ਰਹਸੀ—ਪ੍ਰਸੰਨ। ਸੀਝਸਿ—ਸਫਲ ਹੋ ਜਾਂਦੀ ਹੈ। ਦੇਹੀ—ਕਾਇਆਂ, ਸਰੀਰ। ਮਾਰਿ—ਮਾਰ ਕੇ, ਵੱਸ ਵਿਚ ਲਿਆ ਕੇ। ਰੀਝੈ—ਖ਼ੁਸ਼ ਹੁੰਦੀ ਹੈ, ਆਤਮਕ ਆਨੰਦ ਹਾਸਲ ਕਰਦੀ ਹੈ। ਸਬਦਿ—ਸ਼ਬਦ ਦੀ ਰਾਹੀਂ। ਸੀਝੈ—ਕਾਮਯਾਬ ਹੁੰਦੀ ਹੈ।ਪਛਾਣਏ—ਪਛਾਣੈ, ਪਛਾਣਦੀ ਹੈ, ਸਾਂਝ ਪਾਂਦੀ ਹੈ। ਡੀਗਿ—ਡਿੱਗ ਕੇ, ਠੇਡਾ ਖਾ ਕੇ। ਡੋਲਿ—ਡੋਲ ਕੇ। ਕਤਹੀ—ਕਿਤੇ ਭੀ। ਜਾਣਏ—ਜਾਣੈ, ਡੂੰਘੀ ਸਾਂਝ ਪਾਂਦੀ ਹੈ। ਆਧਾਰੁ—ਆਸਰਾ। ਤਾਣੁ—ਬਲ, ਸਹਾਰਾ। ਤਕੀਆ—ਆਸਰਾ। ਤੇਰਓ—ਤੇਰਾ ਹੀ।ਸਾਚਿ—ਸਦਾ-ਥਿਰ ਪ੍ਰਭੂ ਵਿਚ। ਸੂਚਾ—ਸੁੱਚੇ ਜੀਵਨ ਵਾਲਾ।ਝਗਰੁ—(ਮਾਇਆ ਦੇ ਮੋਹ ਦੀ) ਖਹ-ਖਹ। ਨਿਬੇਰਓ—ਮੁਕਾ ਲੈਂਦਾ ਹੈ। ੪।

ਅਰਥ :—ਹੇ ਪ੍ਰਭੂ-ਦਰ ਤੇ ਪਹੁੰਚੀ ਹੋਈ ਜੀਵ-ਇਸਤ੍ਰੀਏ ! (ਜਿਸ ਪ੍ਰਭੂ ਨੇ ਤੈਨੂੰ ਆਪਣੇ ਚਰਨਾਂ ਵਿਚ ਜੋੜਿਆ ਹੈ, ਉਹ) ਭਗਤੀ ਨਾਲ ਪਿਆਰ ਕਰਨ ਵਾਲਾ ਹੈ। (ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਮਤਿ ਉੱਤੇ ਤੁਰ ਕੇ (ਪ੍ਰਭੂ ਦੀ ਭਗਤੀ ਕਰਦੀ ਹੈ, ਉਸ ਦੇ) ਮਨ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ, (ਉਹ ਦਾ ਮਨੁੱਖਾ) ਸਰੀਰ ਸਫਲ ਹੋ ਜਾਂਦਾ ਹੈ।

(ਜਿਹੜੀ ਜੀਵ-ਇਸਤ੍ਰੀ ਆਪਣੇ) ਮਨ ਨੂੰ ਵੱਸ ਵਿਚ ਕਰ ਕੇ ਆਤਮਕ ਆਨੰਦ ਹਾਸਲ ਕਰਦੀ ਹੈ, ਗੁਰੂ ਦੇ ਸ਼ਬਦ ਦੀ ਰਾਹੀਂ ਉਹ (ਜੀਵਨ ਵਿਚ) ਕਾਮਯਾਬ ਹੁੰਦੀ ਹੈ ਸਾਰੇ ਜਗਤ ਦੇ ਮਾਲਕ ਪ੍ਰਭੂ ਨਾਲ ਉਹ ਸਾਂਝ ਪਾ ਲੈਂਦੀ ਹੈ। (ਉਸ ਦਾ ਮਨ) ਕਿਸੇ ਭੀ ਹੋਰ ਪਾਸੇ ਵਲ ਡੋਲਦਾ ਨਹੀਂ, ਉਹ (ਹਰ ਵੇਲੇ) ਆਪਣੇ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਪਾਈ ਰੱਖਦੀ ਹੈ।

ਹੇ ਪ੍ਰਭੂ ! ਮੈਨੂੰ ਤੇਰਾ ਹੀ ਆਸਰਾ ਹੈ, ਤੂੰ (ਹੀ) ਮੇਰਾ ਖਸਮ ਹੈਂ; ਮੈਨੂੰ ਤੇਰਾ ਹੀ ਆਸਰਾ ਤੇਰਾ ਹੀ ਸਹਾਰਾ ਹੈ। ਹੇ ਨਾਨਕ ! ਜਿਹੜਾ ਮਨੁੱਖ ਸਦਾ-ਥਿਰ ਹਰਿ-ਨਾਮ ਵਿਚ (ਸਦਾ ਲੀਨ ਰਹਿੰਦਾ ਹੈ), ਉਹ ਪਵਿੱਤਰ ਜੀਵਨ ਵਾਲਾ ਹੋ ਜਾਂਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ (ਉਹ ਮਨੁੱਖ ਆਪਣੇ ਅੰਦਰੋਂ ਮਾਇਆ ਦੇ ਮੋਹ ਦੀ) ਖਹ-ਖਹ ਮੁਕਾ ਲੈਂਦਾ ਹੈ। ੪। ੨।

ਛੰਤ ਬਿਲਾਵਲੁ ਮਹਲਾ ੪ ਮੰਗਲ

੧ ੴ ਸਤਿਗੁਰਪ੍ਰਸਾਦਿ ॥ ਮੇਰਾ ਹਰਿ ਪ੍ਰਭੁ ਸੇਜੈ ਆਇਆ ਮਨੁ ਸੁਖਿ ਸਮਾਣਾ ਰਾਮ ॥ ਗੁਰਿ ਤੁਠੈ ਹਰਿਪ੍ਰਭੁ ਪਾਇਆ ਰੰਗਿ ਰਲੀਆ ਮਾਣਾ ਰਾਮ ॥ ਵਡਭਾਗੀਆ ਸੋਹਾਗਣੀ ਹਰਿ ਮਸਤਕਿ ਮਾਣਾ ਰਾਮ ॥ਹਰਿ ਪ੍ਰਭੁ ਹਰਿ ਸੋਹਾਗੁ ਹੈ ਨਾਨਕ ਮਨਿ ਭਾਣਾ ਰਾਮ ॥ ੧ ॥ [੮੪੪]

ਪਦ ਅਰਥ :—ਸੇਜੈ—(ਹਿਰਦੇ ਦੀ) ਸੇਜ ਉੱਤੇ । ਸੁਖਿ—ਆਨੰਦ ਵਿਚ । ਗੁਰਿ ਤੁਠੈ—ਗੁਰੂ ਦੇ ਮਿਹਰਵਾਨ ਹੋਇਆਂ, ਗੁਰੂ ਦੇ ਪ੍ਰਸੰਨ ਹੋਇਆਂ । ਰੰਗਿ—ਪ੍ਰੇਮ ਵਿਚ । ਰਲੀਆ—ਰਲੀਆਂ ਮਿਲਾਪ ਦਾ ਸੁਆਦ । ਵਡਭਾਗੀਆ—ਵੱਡੇ ਭਾਗਾਂ ਵਾਲੀਆਂ । ਸੋਹਾਗਣੀ—ਪ੍ਰਭੂ-ਖਸਮ ਵਾਲੀਆਂ । ਮਸਤਕਿ—ਮੱਥੇ ਉੱਤੇ । ਮਾਣਾ—ਮਾਣਕ । ਸੋਹਾਗੁ—ਖਸਮ । ਮਨਿ—ਮਨ ਵਿਚ । ਭਾਣਾ—ਪਿਆਰਾ ਲੱਗਾ । ੧ ।

ਅਰਥ :—ਹੇ ਸਹੇਲੀਏ !(ਜਿਸ ਭਾਗਾਂ ਵਾਲੀ ਜੀਵ-ਇਸਤ੍ਰੀ ਦੇ ਹਿਰਦੇ ਦੀ)ਸੇਜ ਉਤੇ ਪਿਆਰਾ ਹਰੀ-ਪ੍ਰਭੂ ਆ ਬੈਠਾ, ਉਸ ਦਾ ਮਨ ਆਤਮਕ ਆਨੰਦ ਵਿਚ ਮਗਨ ਹੋ ਜਾਂਦਾ ਹੈ । ਗੁਰੂ ਦੇ ਪ੍ਰਸੰਨ ਹੋਇਆਂ ਜਿਸ (ਜੀਵ-ਇਸਤ੍ਰੀ) ਨੂੰ ਹਰੀ-ਪ੍ਰਭੂ ਮਿਲ ਪਿਆ, ਉਹ ਪ੍ਰੇਮ ਵਿਚ (ਮਸਤ ਹੋ ਕੇ ਪ੍ਰਭੂ ਦੇ ਮਿਲਾਪ ਦਾ) ਸੁਆਦ ਮਾਣਦੀ ਹੈ ।

ਹੇ ਨਾਨਕ ! (ਆਖ—ਹੇ ਸਹੇਲੀਏ !)ਜਿਨ੍ਹਾਂ ਦੇ ਮੱਥੇ ਉੱਤੇ ਹਰਿ (-ਮਿਲਾਪ ਦਾ) ਮੋਤੀ (ਚਮਕ ਪੈਂਦਾ) ਹੈ, ਉਹ ਵੱਡੇ ਭਾਗਾਂ ਵਾਲੀਆਂ ਹੋ ਜਾਂਦੀਆਂ ਹਨ, ਉਹ ਸੁਹਾਗਣਾਂ ਬਣ ਜਾਂਦੀਆਂ ਹਨ । ਹਰੀ-ਪ੍ਰਭੂ ਖਸਮ (ਉਹਨਾਂ ਦੇ ਸਿਰ ਉੱਤੇ) ਕਾਇਮ ਹੋ ਜਾਂਦਾ ਹੈ, ਉਹਨਾਂ ਨੂੰ ਪ੍ਰਭੂ-ਖਸਮ ਮਨ ਵਿਚ ਪਿਆਰਾ ਲੱਗ ਪੈਂਦਾ ਹੈ । ੧ ।

ਨਿੰਮਾਣਿਆ ਹਰਿ ਮਾਣੁ ਹੈ ਹਰਿ ਪ੍ਰਭੁ ਹਰਿ ਆਪੈ ਰਾਮ ॥ ਗੁਰਮੁਖਿ ਆਪੁ ਗਵਾਇਆ ਨਿਤ ਹਰਿ ਹਰਿ ਜਾਪੈ ਰਾਮ ॥ ਮੇਰੇ ਹਰਿ ਪ੍ਰਭ ਭਾਵੈ ਸੋ ਕਰੈ ਹਰਿ ਰੰਗਿ ਹਰਿ ਰਾਪੈ ਰਾਮ ॥ ਜਨੁ ਨਾਨਕੁ ਸਹਜਿ ਮਿਲਾਇਆ ਹਰਿ ਰਸਿ ਹਰਿ ਧ੍ਰਾਪੈ ਰਾਮ ॥ ੨ ॥ [੮੪੪]

ਪਦ ਅਰਥ :—ਆਪੈ—ਆਪੇ ਵਿਚ, ਆਤਮਾ ਵਿਚ, ਜਿੰਦ ਵਿਚ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਆਪੁ—ਆਪਾ-ਭਾਵ । ਜਾਪੈ—ਜਪਦਾ ਹੈ । ਭਾਵੈ—ਚੰਗਾ ਲੱਗਦਾ ਹੈ । ਰੰਗਿ—ਪ੍ਰੇਮ-ਰੰਗ ਵਿਚ । ਰਾਪੈ—ਰੰਗਿਆ ਜਾਂਦਾ ਹੈ । ਸਹਜਿ—ਆਤਮਕ ਅਡੋਲਤਾ ਵਿਚ । ਧ੍ਰਾਪੈ—ਰੱਜਿਆ ਰਹਿੰਦਾ ਹੈ । ਹਰਿ ਰਸਿ—ਹਰਿ-ਨਾਮ-ਰਸ ਦੀ ਬਰਕਤਿ ਨਾਲ । ੨ ।

ਅਰਥ :—ਹੇ ਭਾਈ ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ (ਆਪਣੇ ਅੰਦਰੋਂ)

ਆਪਾ-ਭਾਵ ਦੂਰ ਕਰ ਲੈਂਦਾ ਹੈ, ਅਤੇ ਸਦਾ ਪਰਮਾਤਮਾ ਦਾ ਨਾਮ ਜਪਦਾ ਰਹਿੰਦਾ ਹੈ, ਹਰਿ-ਪ੍ਰਭੂ ਉਸ ਦੇ ਆਪੇ ਵਿਚ (ਜਿਦ ਵਿਚ) ਸਦਾ ਟਿਕਿਆ ਰਹਿੰਦਾ ਹੈ (ਉਸ ਨੂੰ ਸਮਝ ਆ ਜਾਂਦੀ ਹੈ ਕਿ) ਜਿੰਨ੍ਹਾਂ ਨੂੰ ਕੋਈ ਆਦਰ ਨਹੀਂ ਦੇਂਦਾ, ਪਰਮਾਤਮਾ ਉਹਨਾਂ ਦਾ ਆਦਰ -ਸਹਾਰਾ ਬਣ ਜਾਂਦਾ ਹੈ। (ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਸਦਾ ਪ੍ਰਭੂ ਦੇ ਪ੍ਰੇਮ -ਰੰਗ ਵਿਚ ਰੰਗਿਆ ਰਹਿੰਦਾ ਹੈ (ਉਸ ਨੂੰ ਨਿਸਚਾ ਹੋ ਜਾਂਦਾ ਹੈ ਕਿ) ਮੇਰਾ ਪ੍ਰਭੂ ਉਹੀ ਕੁਝ ਕਰਦਾ ਹੈ ਜੋ ਉਸ ਨੂੰ ਚੰਗਾ ਲੱਗਦਾ ਹੈ।

ਦਾਸ ਨਾਨਕ (ਆਖਦਾ ਹੈ—ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਆਤਮਕ ਅਡੋਲਤਾ ਵਿਚ ਲੀਨ ਰਹਿੰਦਾ ਹੈ, ਪਰਮਾਤਮਾ ਦੇ ਨਾਮ-ਰਸ ਦੀ ਬਰਕਤਿ ਨਾਲ ਉਹ (ਮਾਇਆ ਵਲੋਂ) ਰੱਜਿਆ ਰਹਿੰਦਾ ਹੈ। ੨।

ਮਾਣਸ ਜਨਮਿ ਹਰਿ ਪਾਈਐ ਹਰਿ ਰਾਵਣ ਵੇਰਾ ਰਾਮ ॥ ਗੁਰਮੁਖਿ ਮਿਲੁ ਸੋਹਾਗਣੀ ਰੰਗੁ ਹੋਇ ਘਣੇਰਾ ਰਾਮ ॥ ਜਿਨ ਮਾਣਸ ਜਨਮਿ ਨ ਪਾਇਆ ਤਿਨ੍ਹ ਭਾਗੁ ਮੰਦੇਰਾ ਰਾਮ ॥ ਹਰਿ ਹਰਿ ਹਰਿ ਹਰਿ ਰਾਖੁ ਪ੍ਰਭ ਨਾਨਕੁ ਜਨੁ ਤੇਰਾ ਰਾਮ ॥ ੩ ॥ [੮੪੪]

ਪਦ ਅਰਥ:—ਮਾਣਸ ਜਨਮਿ—ਮਨੁੱਖਾ ਜਨਮ ਵਿਚ। ਪਾਈਐ—ਮਿਲ ਸਕੀਦਾ ਹੈ। ਰਾਵਣ ਵੇਰਾ—ਮਿਲਾਪ ਮਾਣਨ ਦਾ ਸਮਾ। ਵੇਰਾ—ਵੇਲਾ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਸੋਹਾਗਣੀ—ਹੇ ਚੰਗੇ ਭਾਗਾਂ ਵਾਲੀ ਜੀਵ-ਇਸਤ੍ਰੀ! ਘਣੇਰਾ—ਬਹੁਤ। ਮੰਦੇਰਾ—ਖੋਟਾ। ਪ੍ਰਭ—ਹੇ ਪ੍ਰਭੂ! ਜਨੁ—ਦਾਸ। ੩।

ਅਰਥ:—ਹੇ ਭਾਈ! ਮਨੁੱਖਾ ਜਨਮ ਵਿਚ (ਹੀ) ਪਰਮਾਤਮਾ ਨੂੰ ਮਿਲ ਸਕੀਦਾ ਹੈ। (ਮਨੁੱਖਾ ਜਨਮ ਹੀ) ਪਰਮਾਤਮਾ ਦਾ ਮਿਲਾਪ ਮਾਣਨ ਦਾ ਸਮਾ ਹੈ। ਹੇ ਚੰਗੇ ਭਾਗਾਂ ਵਾਲੀ ਜੀਵ-ਇਸਤ੍ਰੀਏ! ਗੁਰੂ ਦੀ ਰਾਹੀਂ ਪ੍ਰਭੂ ਨੂੰ ਮਿਲ। (ਗੁਰੂ ਦੀ ਸਰਨ ਪਿਆਂ ਮਿਲਾਪ ਦਾ ਪ੍ਰੇਮ-) ਰੰਗ ਬਹੁਤ ਚੜ੍ਹਦਾ ਹੈ।

ਹੇ ਭਾਈ! ਜਿਨ੍ਹਾਂ ਨੇ ਮਨੁੱਖਾ ਜਨਮ ਵਿਚ ਪਰਮਾਤਮਾ ਦਾ ਮਿਲਾਪ ਹਾਸਲ ਨਾਹ ਕੀਤਾ, ਉਹਨਾਂ ਦੀ ਖੋਟੀ ਕਿਸਮਤ ਜਾਣੋ। ਹੇ ਹਰੀ! ਹੇ ਪ੍ਰਭੂ! ਨਾਨਕ ਨੂੰ (ਆਪਣੇ ਚਰਨਾਂ ਵਿਚ) ਜੋੜੀ ਰੱਖ, ਨਾਨਕ ਤੇਰਾ ਦਾਸ ਹੈ। ੩।

ਗੁਰਿ ਹਰਿ ਪ੍ਰਭੁ ਅਗਮੁ ਦ੍ਰਿੜਾਇਆ ਮਨੁ ਤਨੁ ਰੰਗਿ ਭੀਨਾ ਰਾਮ ॥ ਭਗਤਿ ਵਛਲੁ ਹਰਿ ਨਾਮੁ ਹੈ ਗੁਰਮੁਖਿ ਹਰਿ ਲੀਨਾ ਰਾਮ ॥ ਬਿਨੁ ਹਰਿ ਨਾਮ ਨ ਜੀਵਦੇ ਜਿਉ ਜਲ ਬਿਨੁ ਮੀਨਾ ਰਾਮ ॥ ਸਫਲ ਜਨਮੁ ਹਰਿ ਪਾਇਆ ਨਾਨਕ ਪ੍ਰਭਿ ਕੀਨਾ ਰਾਮ ॥੪॥੧॥ ੩ ॥ [ਪੰਨਾ ੮੪੪]

ਪਦ ਅਰਥ :—ਗੁਰਿ—ਗੁਰੂ ਨੇ। ਅਗਮੁ—ਅਪਹੁੰਚ। ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ। ਰੰਗਿ—(ਪਿਆਰ-) ਰੰਗ ਵਿਚ। ਭੀਨਾ—ਭਿੱਜ ਜਾਂਦਾ ਹੈ। ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ। ਹਰਿ ਨਾਮੁ—ਹਰੀ ਦਾ ਨਾਮ। ਗੁਰਮੁਖਿ —ਗੁਰੂ ਦੀ ਰਾਹੀਂ, ਗੁਰੂ ਦੀ ਸਰਨ ਪੈ ਕੇ। ਲੀਨਾ—ਮਗਨ। ਮੀਨਾ—ਮੱਛੀ। ਸਫਲ— ਕਾਮਯਾਬ। ਪ੍ਰਭਿ—ਪ੍ਰਭੂ ਨੇ। ੪।

ਅਰਥ :—ਹੇ ਭਾਈ! (ਜਿਸ ਮਨੁੱਖ ਦੇ ਹਿਰਦੇ ਵਿਚ) ਗੁਰੂ ਨੇ ਅਪਹੁੰਚ ਹਰੀ ਪ੍ਰਭੂ (ਦਾ ਨਾਮ) ਪੱਕਾ ਕਰ ਦਿੱਤਾ, ਉਸ ਦਾ ਮਨ ਉਸ ਦਾ ਤਨ (ਪਰਮਾਤਮਾ ਦੇ ਪ੍ਰੇਮ-) ਰੰਗ ਵਿਚ ਭਿੱਜਾ ਰਹਿੰਦਾ ਹੈ। ਉਹ ਮਨੁੱਖ ਗੁਰੂ ਦੀ ਸਰਨ ਪੈ ਕੇ ਉਸ ਪਰਮਾਤਮਾ ਵਿਚ ਲੀਨ ਰਹਿੰਦਾ ਹੈ ਜਿਸ ਦਾ ਨਾਮ ਹੈ 'ਭਗਤੀ ਨੂੰ ਪਿਆਰ ਕਰਨ ਵਾਲਾ'।

ਹੇ ਭਾਈ! ਜਿਵੇਂ ਮੱਛੀ ਪਾਣੀ ਤੋਂ ਬਿਨਾ ਨਹੀਂ ਰਹਿ ਸਕਦੀ, ਤਿਵੇਂ (ਪਰਮਾਤਮਾ ਵਿਚ ਲੀਨ ਰਹਿਣ ਵਾਲੇ ਮਨੁੱਖ) ਪਰਮਾਤਮਾ (ਦੀ ਯਾਦ) ਤੋਂ ਬਿਨਾ ਨਹੀਂ ਜੀਊ ਸਕਦੇ। ਹੇ ਨਾਨਕ! (ਗੁਰੂ ਦੀ ਰਾਹੀਂ ਜਿਸ ਮਨੁੱਖ ਨੇ) ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਪ੍ਰਭੂ ਨੇ ਉਸ ਦੀ ਜ਼ਿੰਦਗੀ ਕਾਮਯਾਬ ਬਣਾ ਦਿੱਤੀ। ੪। ੧। ੩।

ਬਿਲਾਵਲੁ ਮਹਲਾ ੪ ਸਲੋਕੁ ॥ ਹਰਿ ਪ੍ਰਭੁ ਸਜਣੁ ਲੋੜਿ ਲਹੁ ਮਨਿ ਵਸੈ ਵਡਭਾਗੁ ॥ ਗੁਰਿ ਪੂਰੈ ਵੇਖਾਲਿਆ ਨਾਨਕ ਹਰਿ ਲਿਵ ਲਾਗੁ ॥ ੧ ॥ ਛੰਤ ॥ ਮੇਰਾ ਹਰਿ ਪ੍ਰਭੁ ਰਾਵਣਿ ਆਈਆ ਹਉਮੈ ਬਿਖੁ ਝਾਗੇ ਰਾਮ ॥ ਗੁਰਮਤਿ ਆਪੁ ਮਿਟਾਇਆ ਹਰਿ ਹਰਿ ਲਿਵ ਲਾਗੇ ਰਾਮ ॥ ਅੰਤਰਿ ਕਮਲੁ ਪਰਗਾਸਿਆ ਗੁਰ ਗਿਆਨੀ ਜਾਗੇ ਰਾਮ ॥ ਜਨ ਨਾਨਕ ਹਰਿ ਪ੍ਰਭੁ ਪਾਇਆ ਪੂਰੈ ਵਡਭਾਗੇ ਰਾਮ ॥ ੧ ॥ [ਪੰਨਾ ੮੪੫]

ਪਦ ਅਰਥ :—ਲੋੜਿ ਲਹੁ—ਲੱਭ ਲਵੋ। ਮਨਿ—ਮਨ ਵਿਚ। ਵਸੈ—ਆ ਵੱਸਦਾ ਹੈ। ਵਡਭਾਗੁ—ਵੱਡੇ ਭਾਗਾਂ ਵਾਲਾ। ਗੁਰਿ ਪੂਰੈ—ਪੂਰੇ ਗੁਰੂ ਨੇ। ਲਿਵ—ਸੁਰਤਿ, ਲਗਨ। ੧।

ਛੰਤ :—ਰਾਵਣਿ—(ਮਿਲਾਪ ਦਾ ਆਨੰਦ) ਮਾਣਨ ਵਾਸਤੇ। ਬਿਖੁ—ਆਤਮਕ ਮੌਤ ਲਿਆਉਣ ਵਾਲੀ (ਹਉਮੈ ਦਾ) ਜ਼ਹਿਰ। ਝਾਗੇ—ਝਾਗਿ, (ਹਉਮੈ ਦਾ ਸਮੁੰਦਰ) ਔਖਿਆਈ ਨਾਲ ਲੰਘ ਕੇ। ਆਪੁ—ਆਪਾ-ਭਾਵ। ਕਮਲੁ—ਹਿਰਦੇ ਦਾ ਕੌਲ ਫੁੱਲ। ਪਰਗਾਸਿਆ—ਖਿੜ ਪੈਂਦਾ ਹੈ। ਗੁਰ ਗਿਆਨੀ—ਗੁਰ ਗਿਆਨਿ, ਗੁਰੂ ਦੀ ਦਿੱਤੀ ਹੋਈ ਆਤਮਕ ਜੀਵਨ ਦੀ ਸੂਝ ਦੀ ਰਾਹੀਂ। ਗਿਆਨ—ਆਤਮਕ ਜੀਵਨ ਦੀ ਸੂਝ। ਜਾਗੇ— (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ। ੧।

ਅਰਥ :–ਸਲੋਕ । ਹੇ ਭਾਈ ! (ਅਸਲ) ਮਿੱਤਰ ਪਰਮਾਤਮਾ ਨੂੰ ਲੱਭ ਲਵੋ। (ਜਿਸ ਦੇ) ਮਨ ਵਿਚ ਉਹ ਆ ਵੱਸਦਾ ਹੈ, ਉਹ ਮਨੁੱਖ ਵੱਡੇ ਭਾਗਾਂ ਵਾਲਾ ਹੋ ਜਾਂਦਾ ਹੈ। ਹੇ ਨਾਨਕ ! (ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ ਪਰਮਾਤਮਾ ਦਾ ਦਰਸਨ ਕਰਾ ਦਿੱਤਾ, ਉਸ ਦੀ ਸੁਰਤਿ ਪਰਮਾਤਮਾ ਵਿਚ ਜੁੜ ਗਈ । ੧ ।

ਹੇ ਸਹੇਲੀਏ ! (ਜਿਹੜੀ ਜੀਵ-ਇਸਤ੍ਰੀ) ਆਤਮਕ ਮੌਤ ਲਿਆਉਣ ਵਾਲੀ ਹਉਮੈ ਦੀ ਜ਼ਹਿਰ (ਨਾਲ ਭਰੇ ਹੋਏ ਸਮੁੰਦਰ) ਨੂੰ ਔਖਿਆਈ ਨਾਲ ਲੰਘ ਕੇ ਪ੍ਰਭੂ-ਪਤੀ ਨੂੰ ਮਿਲਣ ਵਾਸਤੇ (ਗੁਰੂ ਦੀ ਸਰਨ) ਆਉਂਦੀ ਹੈ, ਗੁਰੂ ਦੀ ਮਤਿ ਉੱਤੇ ਤੁਰ ਕੇ ਉਹ (ਆਪਣੇ ਅੰਦਰੋਂ) ਆਪਾ-ਭਾਵ ਮਿਟਾਂਦੀ ਹੈ, (ਤੇ, ਫਿਰ) ਉਸ ਦੀ ਲਗਨ ਪਰਮਾਤਮਾ ਵਿਚ ਲੱਗ ਜਾਂਦੀ ਹੈ। ਗੁਰੂ ਤੋਂ ਮਿਲੀ ਆਤਮਕ ਜੀਵਨ ਦੀ ਸੂਝ ਨਾਲ ਉਹ (ਵਿਕਾਰਾਂ ਦੇ ਹੱਲਿਆਂ ਵਲੋਂ ਸਦਾ) ਸੁਚੇਤ ਰਹਿੰਦੀ ਹੈ, ਉਸ ਦੇ ਅੰਦਰ ਹਿਰਦਾ-ਕੌਲ-ਫੁੱਲ ਖਿੜ ਪੈਂਦਾ ਹੈ।

ਹੇ ਦਾਸ ਨਾਨਕ ! ਪੂਰੇ ਵੱਡੇ ਭਾਗਾਂ ਨਾਲ ਹੀ ਪ੍ਰਭੂ-ਪਰਮਾਤਮਾ ਮਿਲਦਾ ਹੈ।੧।

ਹਰਿ ਪ੍ਰਭੁ ਹਰਿ ਮਨਿ ਭਾਇਆ ਹਰਿ ਨਾਮਿ ਵਧਾਈ ਰਾਮ ॥ ਗੁਰਿ ਪੂਰੈ ਪ੍ਰਭੁ ਪਾਇਆ ਹਰਿ ਹਰਿ ਲਿਵ ਲਾਈ ਰਾਮ ॥ ਅਗਿਆਨੁ ਅੰਧੇਰਾ ਕਟਿਆ ਜੋਤਿ ਪਰਗਟਿਆਈ ਰਾਮ ॥ ਜਨ ਨਾਨਕ ਨਾਮੁ ਅਧਾਰੁ ਹੈ ਹਰਿ ਨਾਮਿ ਸਮਾਈ ਰਾਮ ॥ ੨ ॥ [ਪੰਨਾ ੮੪੫]

ਪਦ ਅਰਥ :–ਮਨਿ–ਮਨ ਵਿਚ । ਭਾਇਆ–ਪਿਆਰਾ ਲਗਾ । ਨਾਮਿ–ਨਾਮ ਦੀ ਰਾਹੀਂ। ਵਧਾਈ–ਉਤਸ਼ਾਹ,ਚੜ੍ਹਦੀ ਕਲਾ । ਗੁਰਿ ਪੂਰੈ–ਪੂਰੇ ਗੁਰੂ ਦੀ ਰਾਹੀਂ।ਲਿਵ–ਲਗਨ, ਸੁਰਤਿ । ਅਗਿਆਨੁ–ਆਤਮਕ ਜੀਵਨ ਵਲੋਂ ਬੇ-ਸਮਝੀ । ਪਰਗਟਿਆਈ–ਪਰਗਟ ਹੋ ਗਈ, ਰੌਸ਼ਨ ਹੋ ਪਈ । ਅਧਾਰੁ–ਆਸਰਾ । ਨਾਮਿ–ਨਾਮ ਵਿਚ । ਸਮਾਈ –ਲੀਨਤਾ । ੨ ।

ਅਰਥ :–ਹੇ ਭਾਈ ! (ਪੂਰੇ ਗੁਰੂ ਦੀ ਰਾਹੀਂ ਜਿਸ ਮਨੁੱਖ ਦੇ) ਮਨ ਵਿਚ ਹਰੀ-ਪ੍ਰਭੂ ਪਿਆਰਾ ਲੱਗਣ ਲੱਗ ਪੈਂਦਾ ਹੈ, ਹਰਿ-ਨਾਮ ਦੀ ਬਰਕਤਿ ਨਾਲ (ਉਸ ਦੇ ਅੰਦਰ) ਚੜ੍ਹਦੀ ਕਲਾ ਬਣੀ ਰਹਿੰਦੀ ਹੈ। ਪੂਰੇ ਗੁਰੂ ਦੀ ਰਾਹੀਂ ਜਿਸ ਨੂੰ ਪ੍ਰਭੂ ਮਿਲ ਪਿਆ, ਉਹ ਹਰ ਵੇਲੇ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦਾ ਹੈ। (ਉਸ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਕੱਟਿਆ ਜਾਂਦਾ ਹੈ, (ਉਸ ਦੇ ਅੰਦਰ) ਰੱਬੀ ਜੋਤਿ ਜਗ ਪੈਂਦੀ ਹੈ। ਹੇ ਦਾਸ ਨਾਨਕ ! (ਆਖ–) ਉਸ ਮਨੁੱਖ ਲਈ ਪਰਮਾਤਮਾ ਦਾ ਨਾਮ (ਜ਼ਿੰਦਗੀ ਦਾ)ਆਸਰਾ ਬਣ ਜਾਂਦਾ ਹੈ,ਪਰਮਾਤਮਾ ਦੇ ਨਾਮ ਵਿਚ ਉਸ ਦੀ ਲੀਨਤਾ ਬਣੀ

ਰਹਿੰਦੀ ਹੈ । ੨ ।

ਧਨ ਹਰਿ ਪ੍ਰਭਿ ਪਿਆਰੈ ਰਾਵੀਆ ਜਾਂ ਹਰਿ ਪ੍ਰਭ ਭਾਈ ਰਾਮ॥ਅਖੀ ਪ੍ਰੇਮ ਕਸਾਈਆ ਜਿਉ ਬਿਲਕ ਮਸਾਈ ਰਾਮ ॥ ਗੁਰਿ ਪੂਰੈ ਹਰਿ ਮੇਲਿਆ ਹਰਿ ਰਸਿ ਆਘਾਈ ਰਾਮ ॥ ਜਨ ਨਾਨਕ ਨਾਮਿ ਵਿਗਸਿਆ ਹਰਿ ਹਰਿ ਲਿਵ ਲਾਈ ਰਾਮ ॥੩॥ [੯੪੫]

ਪਦ ਅਰਥ :–ਧਨ–ਜੀਵ-ਇਸਤ੍ਰੀ । ਪ੍ਰਭਿ–ਪ੍ਰਭੂ ਨੇ । ਪ੍ਰਭਿ ਪਿਆਰੈ–ਪਿਆਰੇ ਪ੍ਰਭੂ ਨੇ । ਰਾਵੀਆ–ਰਾਵੀ,ਮਾਣੀ,ਆਪਣੇ ਨਾਲ ਮਿਲਾ ਲਈ । ਜਾਂ- ਜਦੋਂ । ਪ੍ਰਭ ਭਾਈ –ਪ੍ਰਭੂ ਨੂੰ ਪਿਆਰੀ ਲੱਗੀ । ਅਖੀ–ਅੱਖੀਂ, (ਉਸ ਦੀਆਂ) ਅੱਖਾਂ । ਕਸਾਈਆ–ਖਿੱਚ ਖਾਧੀ, ਖਿੱਚੀਆਂ ਗਈਆਂ । ਬਿਲਕ–ਬਿੱਲੀ । ਮਸਾਈ–ਮੂਸਾ, ਚੂਹਾ । ਗੁਰਿ ਪੂਰੈ–ਪੂਰੇ ਗੁਰੂ ਨੇ । ਹਰਿ ਰਸਿ–ਹਰਿ-ਨਾਮ ਦੇ ਸੁਆਦ ਨਾਲ। ਆਘਾਈ–(ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਈ । ਨਾਮਿ–ਨਾਮ ਦੀ ਬਰਕਤਿ ਨਾਲ । ਵਿਗਸਿਆ–ਖਿੜ ਪਿਆ । ਲਿਵ ਲਾਈ–ਸੁਰਤਿ ਜੋੜ ਲਈ । ੩ ।

ਅਰਥ :–ਹੇ ਭਾਈ ! ਜਦੋਂ ਕੋਈ(ਜੀਵ-ਇਸਤ੍ਰੀ) ਪ੍ਰਭੂ ਨੂੰ ਚੰਗੀ ਲੱਗੀ,(ਤਦੋਂ) ਪਿਆਰੇ ਪ੍ਰਭੂ ਨੂੰ (ਉਸ) ਜੀਵ-ਇਸਤ੍ਰੀ ਨੂੰ ਆਪਣੇ ਨਾਲ ਮਿਲਾ ਲਿਆ, (ਉਸ ਜੀਵ-ਇਸਤ੍ਰੀ ਦੀਆਂ) ਅੱਖਾਂ ਨੇ ਪਿਆਰ ਦੀ ਖਿੱਚ ਖਾਧੀ, ਜਿਵੇਂ ਬਿੱਲੀ (ਦੀਆਂ ਅੱਖਾਂ)ਚੂਹੇ ਵਲ (ਖਾਂਦੀਆਂ ਹਨ) ।

ਹੇ ਦਾਸ ਨਾਨਕ ! ਪੂਰੇ ਗੁਰੂ ਨੇ (ਜਿਸ ਜੀਵ-ਇਸਤ੍ਰੀ ਨੂੰ) ਪਰਮਾਤਮਾ ਨਾਲ ਮਿਲਾ ਦਿੱਤਾ, (ਉਹ ਜੀਵ-ਇਸਤ੍ਰੀ) ਹਰਿ-ਨਾਮ-ਰਸ ਦੇ ਸੁਆਦ ਦੀ ਬਰਕਤਿ ਨਾਲ (ਮਾਇਆ ਦੀ ਤ੍ਰਿਸ਼ਨਾ ਵਲੋਂ)ਰੱਜ ਗਈ, ਹਰਿ-ਨਾਮ ਦੇ ਕਾਰਨ ਉਸ ਦਾ ਹਿਰਦਾ-ਕੌਲ ਖਿੜ ਪੈਂਦਾ ਹੈ, ਉਹ ਸਦਾ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦਾ ਹੈ । ੩ ।

ਹਮ ਮੂਰਖ ਮੁਗਧ ਮਿਲਾਇਆ ਹਰਿ ਕਿਰਪਾ ਧਾਰੀ ਰਾਮ ॥ ਧਨੁ ਧੰਨੁ ਗੁਰੂ ਸਾਬਾਸਿ ਹੈ ਜਿਨਿ ਹਉਮੈ ਮਾਰੀ ਰਾਮ ॥ ਜਿਨ ਵਡਭਾਗੀਆ ਵਡਭਾਗੁ ਹੈ ਹਰਿ ਹਰਿ ਉਰਧਾਰੀ ਰਾਮ ॥ ਜਨ ਨਾਨਕ ਨਾਮੁ ਸਲਾਹਿ ਤੂ ਨਾਮੇ ਬਲਿਹਾਰੀ ਰਾਮ ॥ ੪ ॥ ੨ ॥ ੪ ॥ [ਪੰਨਾ ੯੪੫]

ਪਦ ਅਰਥ :–ਹਮ–ਅਸੀ ਜੀਵ । ਮੁਗਧ–ਮੂਰਖ, ਬੇ-ਸਮਝ । ਧਨੁ ਧੰਨੁ–ਸਲਾਹੁਣ-ਜੋਗ । ਜਿਨਿ–ਜਿਸ (ਗੁਰੂ) ਨੇ । ਉਰ–ਹਿਰਦਾ । ਸਲਾਹਿ–ਸਿਫ਼ਤ ਕਰਿਆ ਕਰ । ਬਲਿਹਾਰੀ–ਸਦਕੇ । ੪ ।

ਅਰਥ :–ਹੇ ਭਾਈ ! ਪਰਮਾਤਮਾ ਨੇ (ਮੇਰੇ ਉਤੇ) ਮਿਹਰ ਕੀਤੀ ਹੈ, ਤੇ ਮੈਨੂੰ ਮੂਰਖ ਨੂੰ ਅੰਞਾਣ ਨੂੰ (ਗੁਰੂ ਦੀ ਰਾਹੀਂ ਆਪਣੇ ਚਰਨਾਂ ਵਿਚ) ਜੋੜ ਲਿਆ । (ਮੇਰਾ) ਗੁਰੂ ਸਲਾਹੁਣ-ਜੋਗ ਹੈ, ਗੁਰੂ ਨੂੰ ਸ਼ਾਬਾਸ਼ੇ, ਜਿਸ ਨੇ (ਮੇਰੇ ਅੰਦਰੋਂ) ਹਉਮੈ ਦੂਰ ਕਰ ਦਿੱਤੀ ਹੈ ।

ਹੇ ਭਾਈ ! ਜਿਨ੍ਹਾਂ ਵੱਡੇ ਭਾਗਾਂ ਵਾਲੀਆਂ ਦੀ ਕਿਸਮਤ ਜਾਗਦੀ ਹੈ, ਉਹ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਂਦੀਆਂ ਹਨ । ਹੇ ਦਾਸ ਨਾਨਕ ! (ਤੂੰ ਭੀ) ਪਰਮਾਤਮਾ ਦਾ ਨਾਮ ਸਲਾਹਿਆ ਕਰ, ਨਾਮ ਤੋਂ ਸਦਕੇ ਹੋਇਆ ਕਰ ।੪।੨।੪।

ਬਿਲਾਵਲੁ ਮਹਲਾ ੫ ਛੰਤ

ੴ ਸਤਿਗੁਰ ਪ੍ਰਸਾਦਿ ॥ ਮੰਗਲ ਸਾਜੁ ਭਇਆ ਪ੍ਰਭੁ ਅਪੁਨਾ ਗਾਇਆ ਰਾਮ ॥ ਅਬਿਨਾਸੀ ਵਰੁ ਸੁਣਿਆ ਮਨਿ ਉਪਜਿਆ ਚਾਇਆ ਰਾਮ ॥ਮਨਿ ਪ੍ਰੀਤਿ ਲਾਗੈ ਵਡੈ ਭਾਗੈ ਕਬ ਮਿਲੀਐ ਪੂਰਨ ਪਤੇ ॥ ਸਹਜੇ ਸਮਾਈਐ ਗੋਵਿੰਦੁ ਪਾਈਐ ਦੇਹੁ ਸਖੀਏ ਮੋਹਿ ਮਤੇ॥ ਦਿਨੁ ਰੈਣਿ ਠਾਢੀ ਕਰਉ ਸੇਵਾ ਪ੍ਰਭੁ ਕਵਨ ਜੁਗਤੀ ਪਾਇਆ॥ਬਿਨਵੰਤਿ ਨਾਨਕ ਕਰਹੁ ਕਿਰਪਾ ਲੈਹੁ ਮੋਹਿ ਲੜਿ ਲਾਇਆ ॥੧॥ [ਪੰਨਾ ੮੪੫]

ਪਦ ਅਰਥ :–ਮੰਗਲ ਸਾਜੁ–ਖ਼ੁਸ਼ੀ ਦਾ ਸਾਮਾਨ, ਖ਼ੁਸ਼ੀ ਦਾ ਰੰਗ-ਢੰਗ । ਅਬਿਨਾਸੀ–ਨਾਹ ਨਾਸ ਹੋਣ ਵਾਲਾ । ਵਰੁ–(ਪ੍ਰਭੂ) ਪਤੀ । ਮਨਿ–ਮਨ ਵਿਚ । ਚਾਇਆ–ਚਾਉ । ਵਡੈ ਭਾਗੈ–ਵੱਡੀ ਕਿਸਮਤ ਨਾਲ । ਪਤੇ–ਪਤੀ ਨੂੰ । ਸਹਜੇ–ਆਤਮਕ ਅਡੋਲਤਾ ਵਿਚ । ਪਾਈਐ–ਮਿਲ ਪੈਂਦਾ ਹੈ । ਸਖੀਏ–ਹੇ ਸਹੇਲੀਏ ! ਮੋਹਿ–ਮੈਨੂੰ । ਮਤੇ–ਮਤਿ, ਉਪਦੇਸ਼ । ਰੈਣਿ–ਰਾਤ । ਠਾਢੀ–ਖਲੋਤੀ । ਕਰਉ–ਕਰਉਂ, ਮੈਂ ਕਰਾਂ, ਕਵਨ ਜੁਗਤੀ–ਕਿਸ ਤਰੀਕੇ ਨਾਲ ? ਲੈਹੁ ਲਾਇਆ–ਲਾ ਲਵੋ । ਲੜਿ–ਲੜ ਨਾਲ, ਪੱਲੇ ਨਾਲ । ੧ ।

ਅਰਥ :–ਹੇ ਸਹੇਲੀਏ! ਪਿਆਰੇ ਪ੍ਰਭੂ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਵਿਆਂ (ਮਨ ਵਿਚ) ਖ਼ੁਸ਼ੀ ਦੇ ਰੰਗ-ਢੰਗ ਬਣ ਜਾਂਦਾ ਹੈ । ਉਸ ਕਦੇ ਨਾਹ ਮਰਨ ਵਾਲੇ ਖਸਮ-ਪ੍ਰਭੂ (ਦਾ ਨਾਮ) ਸੁਣਿਆਂ ਮਨ ਵਿਚ ਚਾਉ ਪੈਦਾ ਹੋ ਜਾਂਦਾ ਹੈ ।

(ਜਦੋਂ) ਵੱਡੀ ਕਿਸਮਤ ਨਾਲ (ਕਿਸੇ ਜੀਵ-ਇਸਤ੍ਰੀ ਦੇ) ਮਨ ਵਿਚ ਪਰਮਾਤਮਾ-ਪਤੀ ਦਾ ਪਿਆਰ ਪੈਦਾ ਹੁੰਦਾ ਹੈ, (ਤਦੋਂ ਉਹ ਉਤਾਵਲੀ ਹੋ ਹੋ ਪੈਂਦੀ ਹੈ ਕਿ ਉਸ) ਸਾਰੇ ਗੁਣਾਂ ਦੇ ਮਾਲਕ ਪ੍ਰਭੂ-ਪਤੀ ਨੂੰ ਕਦੋਂ ਮਿਲਿਆ ਜਾ ਸਕੇਗਾ । (ਉਸ ਨੂੰ ਅੱਗੋਂ ਇਹ ਉੱਤਰ ਮਿਲਦਾ ਹੈ–ਜੇ) ਆਤਮਕ ਅਡੋਲਤਾ ਵਿਚ ਲੀਨ ਰਹੀਏ ਤਾਂ ਪਰਮਾਤਮਾ-ਪਤੀ ਮਿਲ ਪੈਂਦਾ ਹੈ । (ਉਹ ਭਾਗਾਂ ਵਾਲੀ ਜੀਵ-ਇਸਤ੍ਰੀ ਮੁੜ ਮੁੜ ਪੁੱਛਦੀ ਹੈ–) ਹੇ ਸਹੇਲੀਏ ! ਮੈਨੂੰ ਮਤਿ ਦੇਹਿ, ਕਿ ਕਿਸ ਤਰੀਕੇ ਨਾਲ ਪ੍ਰਭੂ-ਪਤੀ ਮਿਲ ਸਕਦਾ ਹੈ (ਹੇ ਸਹੇਲੀਏ ! ਦੱਸ) ਮੈਂ ਦਿਨ ਰਾਤ ਖਲੋਤੀ ਤੇਰੀ ਸੇਵਾ ਕਰਾਂਗੀ ।

ਨਾਨਕ (ਭੀ) ਬੇਨਤੀ ਕਰਦਾ ਹੈ–(ਹੇ ਪ੍ਰਭੂ ! ਮੇਰੇ ਉੱਤੇ) ਮਿਹਰ ਕਰ, (ਮੈਨੂੰ ਆਪਣੇ) ਲੜ ਨਾਲ ਲਾਈ ਰੱਖ । ੧ ।

ਭਇਆ ਸਮਾਹੜਾ ਹਰਿ ਰਤਨੁ ਵਿਸਾਹਾ ਰਾਮ ॥ ਖੋਜੀ ਖੋਜਿ ਲਧਾ ਹਰਿ ਸੰਤਨ ਪਾਹਾ ਰਾਮ ॥ ਮਿਲੇ ਸੰਤ ਪਿਆਰੇ ਦਇਆ ਧਾਰੇ ਕਥਹਿ

ਅਕਥ ਬੀਚਾਰੋ ॥ਇਕ ਚਿਤਿ ਇਕ ਮਨਿ ਧਿਆਇ ਸੁਆਮੀ ਲਾਇ ਪ੍ਰੀਤਿ ਪਿਆਰੋ ॥ ਕਰ ਜੋੜਿ ਪ੍ਰਭ ਪਹਿ ਕਰਿ ਬਿਨੰਤੀ ਮਿਲੈ ਹਰਿ ਜਸੁ ਲਾਹਾ॥ ਬਿਨਵੰਤਿ ਨਾਨਕ ਦਾਸੁ ਤੇਰਾ ਮੇਰਾ ਪ੍ਰਭੁ ਅਗਮ ਅਥਾਹਾ ॥੨॥ [੮੪੫]

ਪਦ ਅਰਥ :–ਸਮਾਹੜਾ–[ਸਮਾਹ–ਸਸਾਸ਼ਵਾਸ :] ਹੌਸਲਾ, ਧੀਰਜ । ਵਿਸਾਹਾ–ਖ਼ਰੀਦਿਆ । ਖੋਜਿ–ਖੋਜ ਕੇ, ਭਾਲ ਕਰ ਕੇ । ਪਾਹਾ–ਪਾਸੋਂ । ਧਾਰੇ–ਧਾਰ ਕੇ । ਕਥਹਿ–ਕਥਦੇ ਹਨ, ਸੁਣਾਂਦੇ ਹਨ । ਅਕਥ ਬੀਚਾਰੋ–ਅਕੱਥ ਪ੍ਰਭੂ ਦੇ ਗੁਣਾਂ ਦਾ ਵਿਚਾਰ । ਅਕਥ–ਅ-ਕਥ, ਜਿਸ ਦਾ ਸਹੀ ਸਰੂਪ ਬਿਆਨ ਨਾਂਹ ਕੀਤਾ ਜਾ ਸਕੇ । ਇਕ ਚਿਤਿ–ਇਕ ਚਿੱਤ ਨਾਲ, ਸੁਰਤਿ ਜੋੜ ਕੇ । ਇਕ ਮਨਿ–ਇਕ ਮਨ ਨਾਲ, ਮਨ ਲਾ ਕੇ । ਧਿਆਇ–ਧਿਆਨ ਧਰ । ਲਾਇ–ਲਾ ਕੇ । ਕਰ ਜੋੜਿ–(ਦੋਵੇਂ) ਹੱਥ ਜੋੜ ਕੇ । ਪਹਿ–ਪਾਸ, ਕੋਲ । ਮਿਲੈ–ਮਿਲਦਾ ਹੈ । ਜਸੁ–ਸਿਫ਼ਤਿ ਸਾਲਾਹ । ਲਾਹਾ–ਲਾਭ । ਅਗਮ–ਅਪਹੁੰਚ । ਅਥਾਹਾ–ਜਿਸ ਦੀ ਹਾਥ ਨ ਲੱਭ ਸਕੇ । ੨ ।

ਅਰਥ :–ਹੇ ਭਾਈ ! (ਪਰਮਾਤਮਾ ਦਾ ਨਾਮ ਕੀਮਤੀ ਰਤਨ ਹੈ, ਜਿਹੜਾ ਮਨੁੱਖ ਇਹ) ਹਰਿ-ਨਾਮ ਵਿਹਾਝਦਾ ਹੈ, (ਉਸ ਦੇ ਅੰਦਰ) ਧੀਰਜ ਪੈਦਾ ਹੋ ਜਾਂਦੀ ਹੈ । ਪਰ ਇਹ ਨਾਮ-ਰਤਨ (ਕੋਈ ਵਿਰਲਾ) ਖੋਜ ਕਰਨ ਵਾਲਾ ਮਨੁੱਖ ਭਾਲ ਕਰ ਕੇ ਸੰਤ ਜਨਾਂ ਪਾਸੋਂ ਹੀ ਹਾਸਲ ਕਰਦਾ ਹੈ । ਜਿਸ ਵੱਡ-ਭਾਗੀ ਮਨੁੱਖ ਨੂੰ ਪਿਆਰੇ ਸੰਤ ਜਨ ਮਿਲ ਪੈਂਦੇ ਹਨ, (ਉਹੀ) ਮਿਹਰ ਕਰ ਕੇ (ਉਸ ਨੂੰ) ਅਕੱਥ ਪ੍ਰਭੂ ਦੀਆਂ ਸਿਫ਼ਤਿ ਸਾਲਾਹ ਦੀਆਂ ਗੱਲਾਂ ਸੁਣਾਂਦੇ ਹਨ ।

ਹੇ ਭਾਈ ! (ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ) ਸੁਰਤਿ ਜੋੜ ਕੇ, ਮਨ ਲਾ ਕੇ ਪ੍ਰਭੂ-ਚਰਨਾਂ ਨਾਲ ਪਿਆਰ ਪਾ ਕੇ (ਪਰਮਾਤਮਾ ਦਾ) ਨਾਮ ਸਿਮਰਿਆ ਕਰ । ਪ੍ਰਭੂ ਦੇ ਦਰ ਤੇ (ਦੋਵੇਂ) ਹੱਥ ਜੋੜ ਕੇ ਅਰਦਾਸ ਕਰਿਆ ਕਰ । (ਜਿਹੜਾ ਮਨੁੱਖ ਨਿੱਤ ਅਰਦਾਸ ਕਰਦਾ ਰਹਿੰਦਾ ਹੈ, ਉਸ ਨੂੰ ਮਨੁੱਖਾ ਜੀਵਨ ਦੀ) ਖੱਟੀ (ਵਜੋਂ) ਪਰਮਾਤਮਾ ਦੀ ਸਿਫ਼ਤਿ ਸਾਲਾਹ (ਦੀ ਦਾਤਿ) ਮਿਲਦੀ ਹੈ ।

ਹੇ ਅਪਹੁੰਚ ਤੇ ਅਥਾਹ ਪ੍ਰਭੂ ! ਨਾਨਕ (ਤੇਰੇ ਦਰ ਤੇ) ਬੇਨਤੀ ਕਰਦਾ ਹੈ–ਮੈਂ ਤੇਰਾ ਦਾਸ ਹਾਂ, ਤੂੰ ਮੇਰਾ ਮਾਲਕ ਹੈਂ (ਮੈਨੂੰ ਆਪਣੀ ਸਿਫ਼ਤਿ ਸਾਲਾਹ ਦੀ ਦਾਤਿ ਬਖ਼ਸ਼) । ੨ ।

ਸਾਹਾ ਅਟਲੁ ਗਣਿਆ ਪੂਰਨ ਸੰਜੋਗੋ ਰਾਮ ॥ ਸੁਖਹ ਸਮੂਹ ਭਇਆ ਗਇਆ ਵਿਜੋਗੋ ਰਾਮ ॥ ਮਿਲਿ ਸੰਤ ਆਏ ਪ੍ਰਭ ਧਿਆਏ ਬਣੇ ਅਚਰਜ ਜਾਞੀਆਂ॥ਮਿਲਿ ਇਕਤ੍ਰ ਹੋਏ ਸਹਜਿ ਢੋਏ ਮਨਿ ਪ੍ਰੀਤਿ ਉਪਜੀ ਮਾਞੀਆ॥ ਮਿਲਿ ਜੋਤਿ ਜੋਤੀ ਓਤਿ ਪੋਤੀ ਹਰਿਨਾਮੁ ਸਭਿ ਰਸ ਭੋਗੋ ॥ ਬਿਨਵੰਤਿ

ਨਾਨਕ ਸਭ ਸੰਤਿ ਮੇਲੀ ਪ੍ਰਭੁ ਕਰਣ ਕਾਰਣ ਜੋਗੋ ॥ ੩ ॥ [੮੪੫]

ਪਦ ਅਰਥ :-ਸਾਹਾ-ਵਿਆਹ ਦਾ ਮੁਹੂਰਤ।ਅਟਲੁ-ਕਦੇ ਨਾਂਹ ਖੁੰਝਣ ਵਾਲਾ। ਪੂਰਨ ਸੰਜੋਗੋ-ਪੂਰਨ ਪ੍ਰਭੂ ਦਾ ਮਿਲਾਪ। ਸੁਖਹ ਸਮੂਹ-ਸੁਖਾਂ ਦਾ ਇਕੱਠ, ਸਾਰੇ ਸੁਖਾਂ ਦਾ ਮੇਲ। ਵਿਜੋਗੋ-ਵਿਛੋੜਾ। ਮਿਲਿ-ਮਿਲ ਕੇ। ਜਾਂਞੀ-ਲਾੜੇ ਦੇ ਸਾਥੀ। ਇਕਤ੍ਰ-(ਸਤਸੰਗ ਵਿਚ) ਇਕੱਠੇ । ਸਹਜਿ-ਆਤਮਕ ਅਡੋਲਤਾ ਵਿਚ । ਢੋਇ-ਢੁਕੇ, ਜੰਞ ਬਣ ਕੇ ਲੜਕੀ ਵਾਲਿਆਂ ਦੇ ਘਰ ਪਹੁੰਚੇ। ਮਨਿ-ਮਨ ਵਿਚ। ਮਾਂਞੀਆ ਮਨਿ-ਲੜਕੀ ਦੇ ਸਨਬੰਧੀਆਂ ਦੇ ਮਨ ਵਿਚ, ਜਿੰਦ ਦੇ ਸਾਥੀਆਂ ਦੇ ਮਨ ਵਿਚ, ਗਿਆਨ-ਇੰਦ੍ਰਿਆਂ ਦੇ ਅੰਦਰ। ਜੋਤਿ-ਜੀਵ ਦੀ ਜਿੰਦ। ਜੋਤੀ-ਪ੍ਰਭੂ ਦੀ ਜੋਤਿ। ਓਤਿ ਪੋਤੀ-ਤਾਣੇ ਪੇਟੇ ਵਾਂਗ। ਸਭਿ ਰਸ-ਸਾਰੇ ਸੁਆਦਲੇ ਪਦਾਰਥ। ਸੰਤਿ-ਗੁਰੂ-ਸੰਤ ਨੇ। ਸਭ-(ਸਰਨ ਪਈ) ਸਾਰੀ ਲੁਕਾਈ। ਕਰਣ ਕਾਰਣ-ਸਾਰੇ ਜਗਤ ਦਾ ਮੂਲ। ਜੋਗੋ-ਸਭ ਤਾਕਤਾਂ ਦਾ ਮਾਲਕ। ੩।

ਅਰਥ :-(ਕੁੜੀ ਮੁੰਡੇ ਦੇ ਵਿਆਹ ਦਾ ਮੁਹੂਰਤ ਮਿਥਿਆ ਜਾਂਦਾ ਹੈ। ਲਾੜੇ ਦੇ ਨਾਲ ਜਾਂਞੀ ਆਉਂਦੇ ਹਨ, ਲੜਕੀ ਵਾਲਿਆਂ ਦੇ ਘਰ ਢੁਕਦੇ ਹਨ, ਲੜਕੀ ਦੇ ਸਨ-ਬੰਧੀਆਂ ਦੇ ਮਨ ਵਿਚ ਉਸ ਵੇਲੇ ਖ਼ੁਸ਼ੀ ਹੁੰਦੀ ਹੈ। ਜਾਂਞੀਆਂ ਨੂੰ ਉਹ ਕਈ ਸੁਆਦਲੇ ਭੋਜਨ ਖੁਆਂਦੇ ਹਨ। ਪਾਂਧਾ ਲਾਵਾਂ ਪੜ੍ਹ ਕੇ ਲੜਕੇ ਲੜਕੀ ਦਾ ਮੇਲ ਕਰ ਦੇਂਦਾ ਹੈ)। (ਇਸੇ ਤਰ੍ਹਾਂ ਸਾਧ ਸੰਗਤਿ ਦੀ ਬਰਕਤ ਨਾਲ ਜੀਵ-ਇਸਤ੍ਰੀ ਅਤੇ ਪ੍ਰਭੂ-ਪਤੀ ਦੇ ਮਿਲਾਪ ਦਾ) ਕਦੇ ਨਾਂਹ ਖੁੰਝਣ ਵਾਲਾ ਮੁਹੂਰਤ ਸੋਧਿਆ ਜਾਂਦਾ ਹੈ। (ਸਾਧ ਸੰਗਤਿ ਦੀ ਕਿਰਪਾ ਨਾਲ ਜੀਵ-ਇਸਤ੍ਰੀ ਦਾ) ਪੂਰਨ ਪਰਮਾਤਮਾ ਨਾਲ ਮਿਲਾਪ (ਵਿਆਹ) ਹੋ ਜਾਂਦਾ ਹੈ, (ਜੀਵ-ਇਸਤ੍ਰੀ ਦੇ ਹਿਰਦੇ ਵਿਚ) ਸਾਰੇ ਸੁਖ ਆ ਵੱਸਦੇ ਹਨ(ਪ੍ਰਭੂ-ਪਤੀ ਨਾਲੋਂ ਉਸਦਾ) ਵਿਛੋੜਾ ਮੁੱਕ ਜਾਂਦਾ ਹੈ।

ਸੰਤ ਜਨ ਮਿਲ ਕੇ (ਸਾਧ ਸੰਗਤਿ ਵਿਚ) ਆਉਂਦੇ ਹਨ, ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦੇ ਹਨ (ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨਾਲ ਮਿਲਾਣ ਵਾਸਤੇ ਇਹ ਸਤਸੰਗੀ) ਅਸਚਰਜ ਜਾਂਞੀ ਬਣ ਜਾਂਦੇ ਹਨ। (ਸੰਤ ਜਨ) ਮਿਲ ਕੇ (ਸਾਧ ਸੰਗਤਿ ਵਿਚ) ਇਕੱਠੇ ਹੁੰਦੇ ਹਨ, ਆਤਮਕ ਅਡੋਲਤਾ ਵਿਚ (ਟਿਕਦੇ ਹਨ, ਮਾਨੋ, ਲੜਕੀ ਵਾਲਿਆਂ ਦੇ ਘਰ) ਢੁਕਾਉ ਹੋ ਰਿਹਾ ਹੈ, (ਜਿਵੇਂ,) ਲੜਕੀ ਦੇ ਸਨਬੰਧੀਆਂ ਦੇ ਮਨ ਵਿਚ ਚਾਉ ਪੈਦਾ ਹੁੰਦਾ ਹੈ (ਤਿਵੇਂ, ਜਿੰਦ ਦੇ ਸਾਥੀਆਂ ਦੇ ਮਨ ਵਿਚ, ਸਾਰੇ ਗਿਆਨ-ਇੰਦ੍ਰਿਆਂ ਦੇ ਅੰਦਰ ਉਤਸ਼ਾਹ ਪੈਦਾ ਹੁੰਦਾ ਹੈ)। (ਸਾਧ ਸੰਗਤਿ ਦੇ ਪਰਤਾਪ ਨਾਲ ਜੀਵ-ਇਸਤ੍ਰੀ ਦੀ) ਜਿੰਦ ਪ੍ਰਭੂ ਦੀ ਜੋਤਿ ਵਿਚ ਮਿਲ ਕੇ ਤਾਣੇ-ਪੇਟੇ ਵਾਂਗ ਇਕ-ਮਿਕ ਹੋ ਜਾਂਦੀ ਹੈ (ਜਿਵੇਂ ਜਾਂਞੀਆਂ ਮਾਂਞੀਆਂ ਨੂੰ) ਸਾਰੇ ਸੁਆਦਲੇ ਭੋਜਨ ਛਕਾਏ ਜਾਂਦੇ ਹਨ,

(ਤਿਵੇਂ ਜੀਵ-ਇਸਤ੍ਰੀ ਨੂੰ) ਪਰਮਾਤਮਾ ਦਾ ਨਾਮ-ਭੋਜਨ ਪ੍ਰਾਪਤ ਹੁੰਦਾ ਹੈ।

ਨਾਨਕ ਬੇਨਤੀ ਕਰਦਾ ਹੈ-(ਇਹ ਸਾਰੀ ਗੁਰੂ ਦੀ ਹੀ ਮਿਹਰ ਹੈ) ਗੁਰੂ-ਸੰਤ ਨੇ (ਸਰਨ ਪਈ) ਸਾਰੀ ਲੁਕਾਈ ਨੂੰ ਸਾਰੇ ਜਗਤ ਦਾ ਮੂਲ ਸਭਨਾਂ ਤਾਕਤਾਂ ਦਾ ਮਾਲਕ ਪਰਮਾਤਮਾ ਮਿਲਾਇਆ ਹੈ। ੩।

ਭਵਨੁ ਸੁਹਾਵੜਾ ਧਰਤਿ ਸਭਾਗੀ ਰਾਮ ॥ ਪ੍ਰਭੁ ਘਰਿ ਆਇਅੜਾ ਗੁਰ ਚਰਣੀ ਲਾਗੀ ਰਾਮ ॥ ਗੁਰ ਚਰਣ ਲਾਗੀ ਸਹਜਿ ਜਾਗੀ ਸਗਲ ਇਛਾ ਪੁੰਨੀਆ ॥ ਮੇਰੀ ਆਸ ਪੂਰੀ ਸੰਤ ਧੂਰੀ ਹਰਿ ਮਿਲੇ ਕੰਤ ਵਿਛੁੰਨਿਆ ॥ ਆਨੰਦ ਅਨਦਿਨੁ ਵਜਹਿ ਵਾਜੇ ਅਹੰ ਮਤਿ ਮਨ ਕੀ ਤਿਆਗੀ ॥ ਬਿਨਵੰਤਿ ਨਾਨਕ ਸਰਣਿ ਸੁਆਮੀ ਸੰਤ ਸੰਗਿ ਲਿਵ ਲਾਗੀ ॥ ੪ ॥ ੧ ॥ [ਪੰਨਾ ੮੪੬]

ਪਦ ਅਰਥ :-ਭਵਨੁ-ਘਰ, ਸਰੀਰ। ਸੁਹਾਵੜਾ-ਸੋਹਣਾ। ਧਰਤਿ-ਹਿਰਦਾ। ਸਭਾਗੀ-ਭਾਗਾਂ ਵਾਲੀ (ਹਿਰਦਾ-ਧਰਤੀ)। ਘਰਿ-(ਹਿਰਦੇ-) ਘਰ ਵਿਚ। ਆਇਅੜਾ -ਆ ਗਿਆ, ਪਰਗਟ ਹੋਇਆ। ਸਹਜਿ-ਆਤਮਕ ਅਡੋਲਤਾ ਵਿਚ। ਜਾਗੀ- (ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਹੋ ਗਈ। ਮੇਰੀ ਆਸ-ਮਮਤਾ ਵਧਾਣ ਵਾਲੀ ਆਸ। ਵਿਛੁੰਨਿਆ-ਵਿਛੁੜਿਆ ਹੋਇਆ। ਅਨਦਿਨੁ-[ਅਨੁਦਿਨੰ] ਹਰ ਰੋਜ਼, ਹਰ ਵੇਲੇ। ਵਜਹਿ-ਵੱਜਦੇ ਹਨ। ਆਨੰਦ ਵਾਜੇ-ਆਨੰਦ-ਰੂਪ ਵਾਜੇ। [ਨੋਟ ! ਜਦੋਂ ਕਿਤੇ ਵਾਜੇ ਵੱਜ ਰਹੇ ਹੋਣ, ਤਾਂ ਕੋਲ-ਖਲੋਤੇ ਬੰਦੇ ਇਕ ਦੂਜੇ ਦੀ ਗੱਲ ਸੁਣ ਨਹੀਂ ਸਕਦੇ, ਕਿਉਂਕਿ ਵੱਜਦੇ ਵਾਜਿਆਂ ਦਾ ਸ਼ੋਰ ਬਹੁਤ ਪ੍ਰਬਲ ਹੁੰਦਾ ਹੈ। ਜਿਸ ਹਿਰਦੇ ਵਿਚ ਆਤਮਕ ਆਨੰਦ ਬਹੁਤ ਪ੍ਰਬਲ ਹੋ ਜਾਏ, ਉਥੇ 'ਹਉਮੈ' ਆਦਿਕ ਦੀ ਪ੍ਰੇਰਨਾ ਸੁਣੀ ਨਹੀਂ ਜਾ ਸਕਦੀ]। ਸੰਤ ਸੰਗਿ-ਗੁਰੂ ਦੀ ਸੰਗਤਿ ਵਿਚ। ੪।

ਅਰਥ :-(ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਚਰਨੀਂ ਲੱਗਦੀ ਹੈ, ਉਸ ਦੇ (ਹਿਰਦੇ-) ਘਰ ਵਿਚ ਪ੍ਰਭੂ-ਪਤੀ ਆ ਬੈਠਦਾ ਹੈ, ਉਸ ਦਾ (ਸਰੀਰ-) ਭਵਨ ਸੋਹਣਾ ਹੋ ਜਾਂਦਾ ਹੈ, ਉਸ ਦੀ (ਹਿਰਦਾ-) ਧਰਤੀ ਭਾਗਾਂ ਵਾਲੀ ਬਣ ਜਾਂਦੀ ਹੈ। (ਜਿਹੜੀ ਜੀਵ-ਇਸਤ੍ਰੀ) ਗੁਰੂ ਦੀ ਚਰਨੀਂ ਲੱਗਦੀ ਹੈ, ਉਹ ਆਤਮਕ ਅਡੋਲਤਾ ਵਿਚ (ਟਿਕ ਕੇ ਵਿਕਾਰਾਂ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੀ ਹੈ, ਉਸ ਦੀਆਂ ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ। ਸਾਧ ਸੰਗਤਿ ਦੀ ਚਰਨ-ਧੂੜ ਦੇ ਪਰਤਾਪ ਨਾਲ (ਉਸ ਦੇ ਅੰਦਰੋਂ) ਮਮਤਾ ਵਧਾਣ ਵਾਲੀ ਆਸ ਖ਼ਤਮ ਹੋ ਜਾਂਦੀ ਹੈ, ਉਸ ਨੂੰ ਚਿਰਾਂ ਦੇ ਵਿੱਛੁੜੇ ਹੋਏ ਪ੍ਰਭੂ-ਕੰਤ ਜੀ ਮਿਲ ਪੈਂਦੇ ਹਨ।

ਨਾਨਕ ਬੇਨਤੀ ਕਰਦਾ ਹੈ-(ਗੁਰੂ ਦੀ ਚਰਨੀਂ ਲੱਗੀ ਹੋਈ ਜੀਵ-ਇਸਤ੍ਰੀ ਦੇ ਅੰਦਰ) ਹਰ ਵੇਲੇ ਆਤਮਕ ਆਨੰਦ ਦੇ ਵਾਜੇ ਵੱਜਦੇ ਰਹਿੰਦੇ ਹਨ (ਜਿਸ ਦਾ ਸਦਕਾ ਉਹ ਆਪਣੇ) ਮਨ ਦੀ ਹਉਮੈ ਵਾਲੀ ਮਤਿ ਤਿਆਗਿ ਦੇਂਦੀ ਹੈ, ਸਾਧ ਸੰਗਤਿ ਵਿਚ ਰਹਿ ਕੇ ਉਸ ਦੀ ਸੁਰਤਿ ਮਾਲਕ-ਪ੍ਰਭੂ ਵਿਚ ਲੱਗੀ ਰਹਿੰਦੀ ਹੈ, ਉਹ ਜੀਵ-ਇਸਤ੍ਰੀ ਮਾਲਕ-ਪ੍ਰਭੂ ਦੀ ਸਰਨ ਪਈ ਰਹਿੰਦੀ ਹੈ । ੪ । ੧ ।

ਬਿਲਾਵਲੁ ਮਹਲਾ ੫ ॥ ਭਾਗ ਸੁਲਖਣਾ ਹਰਿ ਕੰਤੁ ਹਮਾਰਾ ਰਾਮ॥ ਅਨਹਦ ਬਾਜਿਤ੍ਰਾ ਤਿਸੁ ਧੁਨਿ ਦਰਬਾਰਾ ਰਾਮ ॥ ਆਨੰਦ ਅਨਦਿਨੁ ਵਜਹਿ ਵਾਜੇ ਦਿਨਸੁ ਰੈਣਿ ਉਮਾਹਾ ॥ ਤਹ ਰੋਗ ਸੋਗ ਨ ਦੂਖੁ ਬਿਆਪੈ ਜਨਮ ਮਰਣੁ ਨ ਤਾਹਾ ॥ ਰਿਧਿ ਸਿਧਿ ਸੁਧਾ ਰਸੁ ਅੰਮ੍ਰਿਤੁ ਭਗਤਿ ਭਰੇ ਭੰਡਾਰਾ॥ ਬਿਨਵੰਤਿ ਨਾਨਕ ਬਲਿਹਾਰਿ ਵੰਞਾ ਪਾਰਬ੍ਰਹਮ ਪ੍ਰਾਨ ਅਧਾਰਾ ॥ ੧ ॥

[ਪੰਨਾ ੮੪੯]

ਪਦ ਅਰਥ :—ਸੁਲਖਣਾ—ਸੋਹਣੇ ਲੱਛਣਾਂ ਵਾਲੇ । ਭਾਗ ਸੁਲਖਣਾ—ਸੋਹਣੇ ਲੱਛਣਾਂ ਵਾਲੇ ਭਾਗ, ਚੰਗੇ ਭਾਗ । ਬਾਜਿਤ੍ਰਾ—वादित्र [a musical instrument] ਵਾਜਾ । ਤਿਸੁ ਦਰਬਾਰਾ—ਉਸ (ਕੰਤ-ਪ੍ਰਭੂ) ਦੇ ਦਰਬਾਰ ਵਿਚ । ਅਨਾਹਦ—[अनाहत—Not produced by beating, ਬਿਨਾ ਵਜਾਏ ਵੱਜ ਰਹੇ] ਇਕ-ਰਸ । ਅਨਦਿਨੁ—ਹਰ ਰੋਜ਼, ਹਰ ਵੇਲੇ । ਵਜਹਿ—ਵੱਜਦੇ ਹਨ । ਰੈਣਿ—ਰਾਤ । ਉਮਾਹਾ—ਉਤਸ਼ਾਹ,ਚਾਉ । ਤਹ—'ਤਿਸੁ ਦਰਬਾਰ', ਉਥੇ, ਉਸ ਪ੍ਰਭੂ ਦੇ ਦਰਬਾਰ ਵਿਚ । ਬਿਆਪੈ—ਜ਼ੋਰ ਪਾ ਸਕਦਾ । ਤਾਹਾ—ਉਸ ਨੂੰ । ਰਿਧਿ ਸਿਧਿ—ਰਿੱਧੀਆਂ ਸਿੱਧੀਆਂ, ਕਰਾਮਾਤੀ ਤਾਕਤਾਂ । ਸੁਧਾ—ਅੰਮ੍ਰਿਤ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ । ਵੰਞਾ—ਵੰਞਾਂ । ਬਲਿਹਾਰਿ ਵੰਞਾ—ਮੈਂ ਸਦਕੇ ਜਾਂਦਾ ਹਾਂ । ਪ੍ਰਾਣ ਅਧਾਰਾ—ਜਿੰਦ ਦਾ ਆਸਰਾ । ੧ ।

ਅਰਥ :—ਹੇ ਸਹੇਲੀਏ ! ਸਾਡਾ ਕੰਤ-ਪ੍ਰਭੂ ਸੋਹਣੇ ਲੱਛਣਾਂ ਵਾਲੇ ਭਾਗਾਂ ਵਾਲਾ ਹੈ, ਉਸ (ਕੰਤ) ਦੇ ਦਰਬਾਰ ਵਿਚ ਇਕ-ਰਸ (ਵੱਸ ਰਹੇ) ਵਾਜਿਆਂ ਦੀ ਧੁਨ ਉਠ ਰਹੀ ਹੈ।

ਹੇ ਸਹੇਲੀਏ ! (ਉਸ ਕੰਤ ਦੇ ਦਰਬਾਰ ਵਿਚ ਸਦਾ) ਆਨੰਦ ਦੇ ਵਾਜੇ ਵੱਜਦੇ ਰਹਿੰਦੇ ਹਨ, ਦਿਨ ਰਾਤ (ਉਥੇ) ਚਾਉ (ਬਣਿਆ ਰਹਿੰਦਾ ਹੈ)। ਉਥੇ ਰੋਗ ਨਹੀਂ ਹਨ, ਉਥੇ ਚਿੰਤਾ-ਫ਼ਿਕਰ ਨਹੀਂ ਹਨ, ਉਥੇ (ਕੋਈ) ਦੁੱਖ ਆਪਣਾ ਜ਼ੋਰ ਨਹੀਂ ਪਾ ਸਕਦਾ, ਉਸ (ਕੰਤ) ਨੂੰ ਜਨਮ ਮਰਨ ਦਾ ਗੇੜ ਨਹੀਂ ਹੈ।

ਹੇ ਸਹੇਲੀਏ ! (ਉਸ ਕੰਤ-ਪ੍ਰਭੂ ਦੇ ਦਰਬਾਰ ਵਿਚ) ਰਿੱਧੀਆਂ ਹਨ ਸਿੱਧੀਆਂ ਹਨ, ਆਤਮਕ ਜੀਵਨ ਦੇਣ ਵਾਲਾ ਨਾਮ ਰਸ ਹੈ, ਭਗਤੀ ਦੇ ਖ਼ਜ਼ਾਨੇ ਭਰੇ ਪਏ ਹਨ ।ਨਾਨਕ ਬੇਨਤੀ ਕਰਦਾ ਹੈ—(ਸਭ ਜੀਵਾਂ ਦੀ) ਜ਼ਿੰਦਗੀ ਦੇ ਆਸਰੇ ਉਸ ਪਾਰਬ੍ਰਹਮ ਤੋਂ ਮੈਂ

ਸਦਕੇ ਜਾਂਦਾ ਹਾਂ। ੧।

ਸੁਣਿ ਸਖੀਅ ਸਹੇਲੜੀਹੋ ਮਿਲਿ ਮੰਗਲੁ ਗਾਵਹ ਰਾਮ ॥ ਮਨਿ ਤਨਿ ਪ੍ਰੇਮੁ ਕਰੇ ਤਿਸੁ ਪ੍ਰਭ ਕਉ ਰਾਵਹ ਰਾਮ ॥ ਕਰਿ ਪ੍ਰੇਮੁ ਰਾਵਹ ਤਿਸੈ ਭਾਵਹ ਇਕ ਨਿਮਖ ਪਲਕ ਨ ਤਿਆਗੀਐ ॥ ਗਹਿ ਕੰਠਿ ਲਾਈਐ ਨਹ ਲਜਾਈਐ ਚਰਨ ਰਜ ਮਨੁ ਪਾਗੀਐ ॥ ਭਗਤਿ ਠਗਉਰੀ ਪਾਇ ਮੋਹਹ ਅਨਤ ਕਤਹੂ ਨ ਧਾਵਹ ॥ ਬਿਨਵੰਤਿ ਨਾਨਕ ਮਿਲਿ ਸੰਗਿ ਸਾਜਨ ਅਮਰ ਪਦਵੀ ਪਾਵਹ ॥ ੨ ॥ [੮੪੯]

ਪਦ ਅਰਥ :—ਸਖੀਅ—ਹੇ ਸਖੀਓ ! ਮਿਲਿ—ਮਿਲ ਕੇ । ਮੰਗਲੁ—ਸਿਫ਼ਤਿ ਸਾਲਾਹ ਦਾ ਗੀਤ । ਗਾਵਹ—ਆਓ ਅਸੀ ਗਾਵੀਏ । ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਕਰੇ—ਕਰਿ, ਕਰ ਕੇ । ਕਉ—ਨੂੰ । ਰਾਵਹ—ਆਓ ਸਿਮਰੀਏ । ਤਿਸੈ ਭਾਵਹ—ਉਸ (ਕੰਤ-ਪ੍ਰਭੂ ਨੂੰ) ਚੰਗੀਆਂ ਲੱਗੀਏ । ਨਿਮਖ—[निमेष] ਅੱਖ ਝਮਕਣ ਜਿਤਨਾ ਸਮਾ । ਨ ਤਿਆਗੀਐ—ਤਿਆਗਣਾ ਨਹੀਂ ਚਾਹੀਦਾ । ਗਹਿ—ਫੜ ਕੇ । ਕੰਠਿ—ਗਲ ਨਾਲ । ਲਾਈਐ—ਲਾ ਲੈਣਾ ਚਾਹੀਦਾ ਹੈ । ਨਹ ਲਜਾਈਐ—ਸ਼ਰਮ ਨਹੀਂ ਕਰਨੀ ਚਾਹੀਦੀ । ਰਜ—ਧੂੜ । ਪਾਗੀਐ—ਲੇਪ ਲੈਣਾ ਚਾਹੀਦਾ ਹੈ । ਠਗਉਰੀ—ਠਗ-ਮੂਰੀ, ਠਗ-ਬੂਟੀ । ਮੋਹਹ—ਆਓ ਅਸੀ ਮੋਹ ਲਈਏ । ਅਨਤ—[अन्यत्र] ਕਿਸੇ ਹੋਰ ਥਾਂ । ਨ ਧਾਵਹ—ਅਸੀ ਨਾਂਹ ਦੌੜੀਏ । ਅਮਰ ਪਦਵੀ—ਉਹ ਆਤਮਕ ਦਰਜਾ ਜਿਸ ਨੂੰ ਕਦੇ ਮੌਤ ਨਹੀਂ ਆਉਂਦੀ । ਪਾਵਹ—ਅਸੀ ਹਾਸਲ ਕਰੀਏ । ੨ ।

ਅਰਥ :—ਹੇ ਸਖੀਓ ! ਹੇ ਸਹੇਲੀਓ ! ਸੁਣੋ, ਆਓ ਮਿਲ ਕੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਵੀਏ । ਹੇ ਸਹੇਲੀਓ ! ਮਨ ਵਿਚ ਹਿਰਦੇ ਵਿਚ ਪਿਆਰ ਪੈਦਾ ਕਰ ਕੇ ਉਸ ਪ੍ਰਭੂ ਨੂੰ ਸਿਮਰੀਏ । (ਹਿਰਦੇ ਵਿਚ) ਪ੍ਰੇਮ ਕਰ ਕੇ (ਉਸ ਨੂੰ) ਸਿਮਰੀਏ, ਤੇ, ਉਸ ਨੂੰ ਪਿਆਰੀਆਂ ਲੱਗੀਏ । ਹੇ ਸਹੇਲੀਓ ! (ਉਸ ਕੰਤ-ਪ੍ਰਭੂ ਨੂੰ)ਅੱਖ ਝਮਕਣ ਜਿਤਨੇ ਸਮੇ ਲਈ ਭੀ ਵਿਸਾਰਨਾ ਨਹੀਂ ਚਾਹੀਦਾ, ਉਸ ਨੂੰ ਫੜ ਕੇ ਗਲ ਨਾਲ ਲਾ ਲੈਣਾ ਚਾਹੀਦਾ ਹੈ (ਉਸ ਦਾ ਨਾਮ ਸੁਰਤਿ ਜੋੜ ਕੇ ਗਲੇ ਵਿਚ ਪ੍ਰੋ ਲੈਣਾ ਚਾਹੀਦਾ ਹੈ, ਇਸ ਕੰਮ ਤੋਂ) ਸ਼ਰਮ ਨਹੀਂ ਕਰਨੀ ਚਾਹੀਦੀ, (ਉਸ ਦੇ) ਚਰਨਾਂ ਦੀ ਧੂੜ ਨਾਲ (ਆਪਣਾ ਇਹ) ਮਨ ਰੰਗ ਲੈਣਾ ਚਾਹੀਦਾ ਹੈ ।

ਨਾਨਕ ਬੇਨਤੀ ਕਰਦਾ ਹੈ—ਹੇ ਸਹੇਲੀਓ !ਭਗਤੀ ਦੀ ਠਗਬੂਟੀ ਵਰਤ ਕੇ, ਆਓ ਉਸ ਕੰਤ-ਪ੍ਰਭੂ ਨੂੰ ਵੱਸ ਵਿਚ ਕਰ ਲਈਏ, ਤੇ, ਹੋਰ ਹੋਰ ਪਾਸੇ ਨਾਂਹ ਭਟਕਦੀਆਂ ਫਿਰੀਏ । ਉਸ ਸੱਜਣ ਪ੍ਰਭੂ ਨੂੰ ਮਿਲ ਕੇ ਉਹ ਦਰਜਾ ਹਾਸਲ ਕਰ ਲਈਏ, ਜਿੱਥੇ

ਆਤਮਕ ਮੌਤ ਕਦੇ ਭੀ ਪੋਹ ਨਹੀਂ ਸਕਦੀ । ੨ ।

ਬਿਸਮਨ ਬਿਸਮ ਭਈ ਪੇਖਿ ਗੁਣ ਅਬਿਨਾਸੀ ਰਾਮ ॥ ਕਰੁ ਗਹਿ ਭੁਜਾ ਗਹੀ ਕਟਿ ਜਮ ਕੀ ਫਾਸੀ ਰਾਮ ॥ਗਹਿ ਭੁਜਾ ਲੀਨ੍ਹੀ ਦਾਸਿ ਕੀਨ੍ਹੀ ਅੰਕੁਰਿ ਉਦੋਤੁ ਜਨਾਇਆ ।।ਮਲਨ ਮੋਹ ਬਿਕਾਰ ਨਾਠੇ ਦਿਵਸ ਨਿਰਮਲ ਆਇਆ ॥ ਦ੍ਰਿਸਟਿ ਧਾਰੀ ਮਨਿ ਪਿਆਰੀ ਮਹਾ ਦੁਰਮਤਿ ਨਾਸੀ ॥ ਬਿਨਵੰਤਿ ਨਾਨਕ ਭਈ ਨਿਰਮਲ ਪ੍ਰਭ ਮਿਲੇ ਅਬਿਨਾਸੀ।।੩।। [੮੪੬]

ਪਦ ਅਰਥ :– ਬਿਸਮ–ਹੈਰਾਨ । ਬਿਸਮਨ ਬਿਸਮ–ਬਹੁਤ ਹੀ ਹੈਰਾਨ । ਪੇਖਿ ਵੇਖ ਕੇ । ਅਬਿਨਾਸੀ–ਨਾਸ-ਰਹਿਤ । ਕਰੁ–ਹੱਥ । ਗਹਿ–ਫੜ ਕੇ । ਭੁਜਾ–ਬਾਂਹ । ਕਟਿ–ਕੱਟ ਕੇ । ਗਹਿ ਲੀਨ੍ਹੀ–ਫੜ ਲਈ ਹੈ । ਦਾਸਿ–ਦਾਸੀ । ਅੰਕੁਰਿ–ਅੰਕੁਰ ਦੇ ਕਾਰਨ, (ਭਾਗਾਂ ਦੇ ਫੁਟ-ਰਹੇ) ਅੰਗੂਰ ਦੇ ਕਾਰਨ । ਉਦੋਤੁ–(ਆਤਮਕ ਜੀਵਨ ਦਾ) ਪਰਕਾਸ਼ । ਜਨਾਇਆ–ਜਣਾ ਦਿੱਤਾ ਹੈ, ਵਿਖਾ ਦਿੱਤਾ ਹੈ । ਮਲਨ–ਮੈਲੇ, ਭੈੜੇ । ਨਾਠੇ–ਨੱਸ ਗਏ ਹਨ । ਨਿਰਮਲ–ਪਵਿੱਤਰ । ਦ੍ਰਿਸਟਿ–ਮਿਹਰ ਦੀ ਨਿਗਾਹ । ਮਨਿ–ਮਨ ਵਿਚ । ਦੁਰਮਤਿ–ਖੋਟੀ ਮਤਿ । ੩ ।

ਅਰਥ :–ਹੇ ਸਹੇਲੀਓ ! ਅਬਿਨਾਸੀ ਕੰਤ-ਪ੍ਰਭੂ ਦੇ ਗੁਣ (ਉਪਕਾਰ) ਵੇਖ ਵੇਖ ਕੇ ਮੈਂ ਤਾਂ ਹੈਰਾਨ ਹੀ ਹੋ ਗਈ ਹਾਂ । (ਉਸ ਨੇ ਮੇਰਾ) ਹੱਥ ਫੜ ਕੇ, (ਮੇਰੀ) ਜਮਾਂ ਵਾਲੀ ਫਾਹੀ ਕੱਟ ਕੇ, ਮੇਰੀ ਬਾਂਹ ਫੜ ਲਈ ਹੈ । ਉਸ ਨੇ ਮੇਰੀ ਬਾਂਹ ਘੁੱਟ ਕੇ ਫੜ ਲਈ ਹੈ, ਮੈਨੂੰ (ਆਪਣੀ) ਦਾਸੀ ਬਣਾ ਲਿਆ ਹੈ, (ਮੇਰੇ ਭਾਗਾਂ ਦੇ ਫੁਟ-ਰਹੇ) ਅੰਗੂਰ ਦੇ ਕਾਰਨ, (ਉਸ ਨੇ ਮੇਰੇ ਅੰਦਰ ਆਤਮਕ ਜੀਵਨ ਦਾ) ਪਰਕਾਸ਼ ਕਰ ਦਿੱਤਾ ਹੈ । ਮੋਹ ਆਦਿਕ ਭੈੜੇ ਵਿਕਾਰ (ਮੇਰੇ ਅੰਦਰੋਂ) ਨੱਸ ਗਏ ਹਨ, (ਮੇਰੀ ਜ਼ਿੰਦਗੀ ਦੇ) ਪਵਿੱਤਰ ਦਿਨ ਆ ਗਏ ਹਨ ।

ਨਾਨਕ ਬਨੇਤੀ ਕਰਦਾ ਹੈ–(ਹੇ ਸਹੇਲੀਓ !ਉਸ ਕੰਤ ਪ੍ਰਭੂ ਨੇ ਮੇਰੇ ਉਤੇ ਪਿਆਰ ਭਰੀ) ਨਿਗਾਹ ਕੀਤੀ (ਜਿਹੜੀ ਮੇਰੇ) ਮਨ ਵਿਚ ਪਿਆਰੀ ਲੱਗੀ, (ਉਸ ਦੇ ਪਰਤਾਪ ਨਾਲ ਮੇਰੇ ਅੰਦਰੋਂ)ਬਹੁਤ ਹੀ ਖੋਟੀ ਮਤਿ ਨਾਸ ਹੋ ਗਈ ਹੈ, ਅਬਿਨਾਸੀ ਪ੍ਰਭੂ ਜੀ(ਮੈਨੂੰ ਮਿਲ ਪਏ ਹਨ, ਮੈਂ ਪਵਿੱਤਰ ਜੀਵਨ ਵਾਲੀ ਹੋ ਗਈ ਹਾਂ । ੩ ।

ਸੂਰਜ ਕਿਰਣਿ ਮਿਲੇ ਜਲ ਕਾ ਜਲੁ ਹੂਆ ਰਾਮ ॥ ਜੋਤੀ ਜੋਤਿ ਰਲੀ ਸੰਪੂਰਨੁ ਥੀਆ ਰਾਮ ॥ਬ੍ਰਹਮੁ ਦੀਸੈ ਬ੍ਰਹਮੁ ਸੁਣੀਐ ਏਕੁ ਏਕੁ ਵਖਾ-ਣੀਐ ॥ ਆਤਮ ਪਸਾਰਾ ਕਰਣਹਾਰਾ ਪ੍ਰਭ ਬਿਨਾ ਨਹੀ ਜਾਣੀਐ ॥ ਆਪਿ ਕਰਤਾ ਆਪਿ ਭੁਗਤਾ ਆਪਿ ਕਾਰਣੁ ਕੀਆ ॥। ਬਿਨਵੰਤਿ ਨਾਨਕ ਸੇਈ

ਜਾਣਹਿ ਜਿਨ੍ਹੀ ਹਰਿ ਰਸੁ ਪੀਆ ॥ ੪ ॥ ੨ ॥ [ਪੰਨਾ ੮੪੬]

ਪਦ ਅਰਥ :–ਮਿਲੇ–ਮਿਲਿ, ਮਿਲ ਕੇ। ਸੂਰਜ ਕਿਰਣਿ ਮਿਲੇ–ਸੂਰਜ ਦੀ ਕਿਰਣ ਨਾਲ ਮਿਲ ਕੇ। ਸੰਪੂਰਨੁ ਥੀਆ–ਸਾਰੇ ਗੁਣਾਂ ਦੇ ਮਾਲਕ ਪ੍ਰਭੂ ਦਾ ਰੂਪ ਹੋ ਜਾਂਦਾ ਹੈ। ਦੀਸੈ–ਦਿੱਸਦਾ ਹੈ (ਹਰ ਪਾਸੇ)। ਸੁਣੀਐ–(ਹਰੇਕ ਵਿਚ ਬੋਲਦਾ) ਉਸ ਨੂੰ ਸੁਣਿਆ ਜਾਂਦਾ ਹੈ। ਵਖਾਣੀਐ–ਜ਼ਿਕਰ ਹੋ ਰਿਹਾ ਹੁੰਦਾ ਹੈ। ਪਸਾਰਾ–ਖਿਲਾਰਾ, ਪਰਕਾਸ਼। ਕਾਰਣੁ ਕੀਆ–(ਜਗਤ ਦਾ) ਮੁੱਢ ਬੱਧਾ। ਸੇਈ–ਉਹੀ ਬੰਦੇ। ਜਾਨਹਿ–ਜਾਣਦੇ ਹਨ।੪।

ਅਰਥ :–ਹੇ ਭਾਈ! (ਜਿਵੇਂ) ਸੂਰਜ ਦੀ ਕਿਰਣ ਨਾਲ ਮਿਲ ਕੇ (ਬਰਫ਼ ਤੋਂ) ਪਾਣੀ ਦਾ ਪਾਣੀ ਬਣ ਜਾਂਦਾ ਹੈ (ਸੂਰਜ ਦੇ ਨਿੱਘ ਨਾਲ ਬਰਫ਼-ਬਣੇ ਪਾਣੀ ਦੀ ਕਠੋਰਤਾ ਖ਼ਤਮ ਹੋ ਜਾਂਦੀ ਹੈ),(ਤਿਵੇਂ ਸਿਫ਼ਤਿ ਸਾਲਾਹ ਦੀ ਬਰਕਤ ਨਾਲ ਜੀਵ ਦੇ ਅੰਦਰੋਂ ਰੁੱਖਾ-ਪਨ ਮੁੱਕ ਕੇ ਜੀਵ ਦੀ) ਜਿੰਦ ਪਰਮਾਤਮਾ ਦੀ ਜੋਤਿ ਨਾਲ ਇਕ-ਮਿਕ ਹੋ ਜਾਂਦੀ ਹੈ, ਜੀਵ ਸਾਰੇ ਗੁਣਾਂ ਦੇ ਮਾਲਕ ਪਰਮਾਤਮਾ ਦਾ ਰੂਪ ਹੋ ਜਾਂਦਾ ਹੈ। (ਤਦੋਂ ਉਸ ਨੂੰ ਹਰ ਥਾਂ) ਪਰਮਾਤਮਾ ਹੀ (ਵੱਸਦਾ) ਨਜ਼ਰੀਂ ਆਉਂਦਾ ਹੈ, (ਹਰੇਕ ਵਿਚ) ਪਰਮਾਤਮਾ ਹੀ (ਬੋਲਦਾ ਉਸ ਨੂੰ) ਸੁਣੀਦਾ ਹੈ (ਉਸ ਨੂੰ ਇਉਂ ਜਾਪਦਾ ਹੈ ਕਿ ਹਰ ਥਾਂ) ਇਕ ਪਰ-ਮਾਤਮਾ ਦਾ ਹੀ ਜ਼ਿਕਰ ਹੋ ਰਿਹਾ ਹੈ। (ਉਸ ਨੂੰ ਹਰ ਥਾਂ) ਸਿਰਜਣਹਾਰ ਦੀ ਆਤਮਾ ਦਾ ਹੀ ਖਿਲਾਰਾ ਦਿੱਸਦਾ ਹੈ, ਪ੍ਰਭੂ ਤੋਂ ਬਿਨਾ ਉਹ ਕਿਸੇ ਹੋਰ ਨੂੰ ਕਿਤੇ ਨਹੀਂ ਪਛਾਣਦਾ (ਉਸ ਨੂੰ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਆਪ (ਹੀ ਸਭ ਨੂੰ) ਪੈਦਾ ਕਰਨ ਵਾਲਾ ਹੈ, (ਜੀਵਾਂ ਵਿਚ ਵਿਆਪਕ ਹੋ ਕੇ) ਆਪ (ਹੀ ਸਾਰੇ ਰੰਗ) ਮਾਣ ਰਿਹਾ ਹੈ, ਉਹ ਆਪ ਹੀ ਹਰੇਕ ਕੰਮ ਦੀ ਪ੍ਰੇਰਨਾ ਕਰ ਰਿਹਾ ਹੈ।

(ਪਰ) ਨਾਨਕ ਬੇਨਤੀ ਕਰਦਾ ਹੈ (ਕਿ ਇਸ ਅਵਸਥਾ ਨੂੰ) ਉਹੀ ਮਨੁੱਖ ਸਮਝਦੇ ਹਨ,ਜਿਨ੍ਹਾਂ ਨੇ ਪਰਮਾਤਮਾ ਦੇ ਨਾਮ ਦਾ ਸੁਆਦ ਚੱਖਿਆ ਹੈ। ੪। ੨।

ਬਿਲਾਵਲੁ ਮਹਲਾ ੫ ਛੰਤ

ੴ ਸਤਿਗੁਰਪ੍ਰਸਾਦਿ ॥ ਸਖੀ ਆਉ ਸਖੀ ਵਸਿ ਆਉ ਸਖੀ ਅਸੀ ਪਿਰ ਕਾ ਮੰਗਲੁ ਗਾਵਹ ॥ ਤਜਿ ਮਾਨੁ ਸਖੀ ਤਜਿ ਮਾਨੁ ਸਖੀ ਮਤੁ ਆਪਣੇ ਪ੍ਰੀਤਮ ਭਾਵਹ ॥ ਤਜਿ ਮਾਨੁ ਮੋਹੁ ਬਿਕਾਰੁ ਦੂਜਾ ਸੇਵਿ ਏਕੁ ਨਿਰੰ-ਜਨੋ ॥ ਲਗੁ ਚਰਣ ਸਰਣ ਦਇਆਲ ਪ੍ਰੀਤਮ ਸਗਲ ਦੁਰਤ ਬਿਖੰਡਨੋ ॥ ਹੋਇ ਦਾਸ ਦਾਸੀ ਤਜਿ ਉਦਾਸੀ ਬਹੁੜਿ ਬਿਧੀ ਨ ਧਾਵਾ॥ਨਾਨਕੁ ਪਇਅੰਪੈ ਕਰਹੁ ਕਿਰਪਾ ਤਾਮਿ ਮੰਗਲੁ ਗਾਵਾ ॥ ੧ ॥ [ਪੰਨਾ ੮੪੭]

ਪਦ ਅਰਥ :–ਸਖੀ–ਹੇ ਸਹੇਲੀਏ! ਵਸਿ–ਰਜ਼ਾ ਵਿਚ (ਤੁਰੀਏ)। ਮੰਗਲੁ–

ਸਿਫ਼ਤਿ-ਸਾਲਾਹ ਦਾ ਗੀਤ। ਗਾਵਹ—ਆਓ ਅਸੀ ਗਾਵੀਏ। ਤਜਿ—ਤਿਆਗ ਦੇਹ। ਮਾਨੁ—ਅਹੰਕਾਰ। ਮਤੁ—ਸ਼ਾਇਦ। ਪ੍ਰੀਤਮ ਭਾਵਹ—ਪ੍ਰੀਤਮ ਨੂੰ ਚੰਗਿਆਂ ਲੱਗੀਏ। ਬਿਕਾਰੁ ਦੂਜਾ—ਮਾਇਆ ਦੇ ਪਿਆਰ ਵਾਲਾ ਵਿਕਾਰ। ਸੇਵਿ—ਸਰਨੀ ਪਵੋ। ਨਿਰੰਜਨੋ—ਨਿਰੰਜਨੁ,[ਨਿਰ-ਅੰਜਨ] ਜਿਸ ਨੂੰ ਮਾਇਆ ਦੇ ਮੋਹ ਦੀ ਕਾਲਖ ਨਹੀਂ ਲੱਗ ਸਕਦੀ। ਦੁਰਤ—ਪਾਪ। ਦੁਰਤ ਬਿਖੰਡਨੋ—ਪਾਪਾਂ ਦਾ ਨਾਸ ਕਰਨ ਵਾਲਾ। ਸਗਲ—ਸਾਰੇ। ਹੋਇ—ਬਣ ਕੇ। ਦਾਸ ਦਾਸੀ—ਦਾਸਾਂ ਦੀ ਦਾਸੀ। ਤਜਿ—ਤਿਆਗ ਕੇ। ਉਦਾਸੀ—(ਸਿਫ਼ਤਿ ਸਾਲਾਹ ਵਲੋਂ) ਉਪਰਾਮਤਾ। ਬਹੁੜਿ—ਫਿਰ, ਮੁੜ। ਬਿਧਿ—(ਅਨੇਕਾਂ)ਤਰੀਕਿਆਂ ਨਾਲ। ਨ ਧਾਵਾ—ਨ ਧਾਵਾਂ, ਮੈਂ ਨਾਂਹ ਭਟਕਾਂ। ਪਇਅੰਪੈ—ਬੇਨਤੀ ਕਰਦਾ ਹੈ। ਤਾਮਿ—ਤਦੋਂ। ਗਾਵਾ—ਗਾਵਾਂ, ਮੈਂ ਗਾ ਸਕਾਂ।੧।

ਅਰਥ :—ਹੇ ਸਹੇਲੀਏ! ਆਓ (ਰਲ ਕੇ ਬੈਠੀਏ) ਹੇ ਸਹੇਲੀਏ! ਆਓ ਪ੍ਰਭੂ ਦੀ ਰਜ਼ਾ ਵਿਚ ਤੁਰੀਏ, ਅਤੇ ਪ੍ਰਭੂ-ਪਤੀ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਵੀਏ। ਹੇ ਸਹੇਲੀਏ! (ਆਪਣੇ ਅੰਦਰੋਂ) ਅਹੰਕਾਰ ਦੂਰ ਕਰ (ਆਪਣੇ ਅੰਦਰੋਂ)ਅਹੰਕਾਰ ਦੂਰ ਕਰ, ਸ਼ਾਇਦ (ਇਸ ਤਰ੍ਹਾਂ) ਅਸੀ ਆਪਣੇ ਪ੍ਰੀਤਮ ਪ੍ਰਭੂ-ਪਤੀ ਨੂੰ ਚੰਗੀਆਂ ਲੱਗ ਸਕੀਏ।

ਹੇ ਸਹੇਲੀਏ! (ਆਪਣੇ ਅੰਦਰੋਂ) ਅਹੰਕਾਰ ਦੂਰ ਕਰ, ਮੋਹ ਦੂਰ ਕਰ, ਮਾਇਆ ਦੇ ਪਿਆਰ ਵਾਲਾ ਵਿਕਾਰ ਦੂਰ ਕਰ, ਸਿਰਫ਼ ਨਿਰਲੇਪ ਪ੍ਰਭੂ ਦੀ ਸਰਨ ਪਈ ਰਹੁ, ਸਾਰੇ ਪਾਪਾਂ ਦੇ ਨਾਸ ਕਰਨ ਵਾਲੇ ਦਇਆ ਦੇ ਸੋਮੇ ਪ੍ਰੀਤਮ ਪ੍ਰਭੂ ਦੇ ਚਰਨਾਂ ਦੀ ਓਟ ਪਕੜੀ ਰੱਖ।

ਨਾਨਕ ਬੇਨਤੀ ਕਰਦਾ ਹੈ—ਹੇ ਸਹੇਲੀਏ! (ਮੇਰੇ ਉੱਤੇ ਭੀ) ਮਿਹਰ ਕਰ, ਮੈਂ (ਪ੍ਰਭੂ ਦੇ) ਦਾਸਾਂ ਦੀ ਦਾਸੀ ਬਣ ਕੇ (ਸਿਫ਼ਤਿ ਸਾਲਾਹ ਵਲੋਂ) ਉਪਰਾਮਤਾ ਛੱਡ ਕੇ ਮੁੜ ਹੋਰ ਹੋਰ ਪਾਸੇ ਨਾਂਹ ਭਟਕਦਾ ਫਿਰਾਂ। (ਤੂੰ ਮਿਹਰ ਕਰੇਂ), ਤਦੋਂ ਹੀ ਮੈਂ (ਭੀ) ਸਿਫ਼ਤਿ ਸਾਲਾਹ ਦਾ ਗੀਤ ਗਾ ਸਕਾਂਗਾ।੧।

ਅੰਮ੍ਰਿਤੁ ਪ੍ਰਿਅ ਕਾ ਨਾਮੁ ਮੈ ਅੰਧੁਲੇ ਟੋਹਨੀ॥ ਓਹ ਜੋਹੈ ਬਹੁ ਪਰਕਾਰ ਸੁੰਦਰਿ ਮੋਹਨੀ॥ ਮੋਹਨੀ ਮਹਾ ਬਚਿਤ੍ਰਿ ਚੰਚਲਿ ਅਨਿਕ ਭਾਵ ਦਿਖਾਵਏ॥ ਹੋਇ ਢੀਠ, ਮੀਠੀ ਮਨਹਿ ਲਾਗੈ, ਨਾਮੁ ਲੈਣ ਨ ਆਵਏ॥ ਗ੍ਰਿਹ ਬਨਹਿ ਤੀਰੈ ਬਰਤ ਪੂਜਾ ਬਾਟ ਘਾਟੈ ਜੋਹਨੀ॥ ਨਾਨਕੁ ਪਇਅੰਪੈ ਦਇਆ ਧਾਰਹੁ ਮੈ ਨਾਮੁ ਅੰਧੁਲੇ ਟੋਹਨੀ॥੨॥ [੮੪੭]

ਪਦ ਅਰਥ :—ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਟੋਹਨੀ—ਡੰਗੋਰੀ, ਆਸਰਾ। ਅੰਧੁਲੇ—(ਮਾਇਆ ਦੇ ਮੋਹ ਵਿਚ) ਅੰਨ੍ਹੇ (ਹੋ ਚੁਕੇ) ਨੂੰ। ਓਹ—[ਇਸਤ੍ਰੀ

ਲਿੰਗ] ਉਹ ਮੋਹਨੀ ਮਾਇਆ । ਜੋਹੈ—ਤੱਕਦੀ ਹੈ । ਸੁੰਦਰਿ—ਸੁੰਦਰੀ । ਮੋਹਨੀ—ਮਨ ਨੂੰ ਫਸਾਣ ਵਾਲੀ । ਬਚਿਤ੍ਰਿ—[ਇਸਤ੍ਰੀਲਿੰਗ] ਕਈ ਰੰਗਾਂ ਵਾਲੀ । ਭਾਵ—ਨਖ਼ਰੇ । ਦਿਖਾਵਏ—[ਵਰਤਮਾਨ ਕਾਲ] ਵਿਖਾਂਦੀ ਹੈ । ਹੋਇ—ਹੋ ਕੇ । ਮਨਹਿ—ਮਨ ਵਿਚ । ਲੈਣ ਨ ਆਵਏ—ਲਿਆ ਨਹੀਂ ਜਾ ਸਕਦਾ । ਗ੍ਰਿਹ—ਘਰ, ਗ੍ਰਿਹਸਤ । ਬਨਹਿ—ਜੰਗਲ ਵਿਚ । ਤੀਰੈ—(ਦਰੀਆ ਦੇ) ਕੰਢੇ ਉੱਤੇ, (ਕਿਸੇ ਤੀਰਥ ਆਦਿਕ ਤੇ) । ਬਾਟ—ਰਸਤਾ । ਘਾਟੈ—ਪੱਤਣ ਤੇ । ਜੋਹਨੀ—ਤੱਕਣ ਵਾਲੀ । ਨਾਨਕੁ ਪਇਅੰਪੈ—ਨਾਨਕ ਬੇਨਤੀ ਕਰਦਾ ਹੈ । ੨ ।

ਅਰਥ :—ਹੇ ਭਾਈ ! ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਮੇਰੇ ਜੀਵਨ ਵਾਸਤੇ ਸਹਾਰਾ ਹੈ ਜਿਵੇਂ ਅੰਨ੍ਹੇ ਨੂੰ ਡੰਗੋਰੀ ਦਾ ਸਹਾਰਾ ਹੁੰਦਾ ਹੈ, (ਕਿਉਂਕਿ) ਉਹ ਮਨ ਨੂੰ ਫਸਾਣ ਵਾਲੀ ਸੁੰਦਰੀ ਮਾਇਆ ਕਈ ਤਰੀਕਿਆਂ ਨਾਲ (ਜੀਵਾਂ ਨੂੰ) ਤਾੜਦੀ ਰਹਿੰਦੀ ਹੈ (ਤੇ ਆਪਣੇ ਮੋਹ ਵਿਚ ਅੰਨ੍ਹਾ ਕਰ ਲੈਂਦੀ ਹੈ) ।

ਹੇ ਭਾਈ ! ਕਈ ਰੰਗਾਂ ਵਾਲੀ ਅਤੇ ਮਨ ਨੂੰ ਮੋਹਣ ਵਾਲੀ ਚੰਚਲ ਮਾਇਆ (ਜੀਵਾਂ ਨੂੰ) ਅਨੇਕਾਂ ਨਖ਼ਰੇ ਵਿਖਾਂਦੀ ਰਹਿੰਦੀ ਹੈ, ਢੀਠ ਬਣ ਕੇ (ਭਾਵ, ਮੁੜ ਮੁੜ ਆਪਣੇ ਹਾਵ-ਭਾਵ ਵਿਖਾ ਕੇ, ਆਖ਼ਰ ਜੀਵਾਂ ਦੇ) ਮਨ ਵਿਚ ਪਿਆਰੀ ਲੱਗਣ ਲੱਗ ਪੈਂਦੀ ਹੈ, (ਇਸ ਮੋਹਨੀ ਮਾਇਆ ਦੇ ਅਸਰ ਹੇਠ ਪਰਮਾਤਮਾ ਦਾ) ਨਾਮ ਜਪਿਆ ਨਹੀਂ ਜਾ ਸਕਦਾ ।

ਹੇ ਭਾਈ ! ਗ੍ਰਿਹਸਤ ਵਿਚ (ਗ੍ਰਿਹਸਤੀਆਂ ਨੂੰ) ਜੰਗਲਾਂ ਵਿਚ (ਤਿਆਗੀਆਂ ਨੂੰ), ਤੀਰਥਾਂ ਦੇ ਕੰਢੇ (ਤੀਰਥ-ਇਸ਼ਨਾਨੀਆਂ ਨੂੰ), ਵਰਤ (ਰੱਖਣ ਵਾਲਿਆਂ ਨੂੰ) ਦੇਵ-ਪੂਜਾ (ਕਰਨ ਵਾਲਿਆਂ ਨੂੰ),ਰਾਹਾਂ ਵਿਚ, ਪੱਤਣਾਂ ਤੇ(ਹਰ ਥਾਂ ਇਹ ਮਾਇਆ ਆਪਣੀ) ਤਾੜ ਵਿਚ ਰੱਖਦੀ ਹੈ ।

ਨਾਨਕ ਬੇਨਤੀ ਕਰਦਾ ਹੈ—(ਹੇ ਪ੍ਰਭੂ ! ਮੇਰੇ ਉੱਤੇ) ਮਿਹਰ ਕਰ (ਇਸ ਮਾਇਆ ਦੀ ਤੱਕ ਤੋਂ ਬਚਣ ਲਈ) ਮੈਨੂੰ ਆਪਣਾ ਨਾਮ (ਦਾ ਸਹਾਰਾ ਦੇਈ ਰੱਖ, ਜਿਵੇਂ) ਅੰਨ੍ਹੇ ਨੂੰ ਡੰਗੋਰੀ ਦਾ ਸਹਾਰਾ ਹੁੰਦਾ ਹੈ । ੨ ।

ਮੋਹਿ ਅਨਾਥ ਪ੍ਰਿਅ ਨਾਥ ਜਿਉ ਜਾਨਹੁ ਤਿਉ ਰਖਹੁ ॥ ਚਤੁਰਾਈ ਮੋਹਿ ਨਾਹਿ ਰੀਝਾਵਉ ਕਹਿ ਮੁਖਹੁ ॥ ਨਹ ਚਤੁਰਿ ਸੁਘਰਿ ਸੁਜਾਨ ਬੇਤੀ ਮੋਹਿ ਨਿਰਗੁਨਿ ਗੁਨੁ ਨਹੀ ॥ ਨਹ ਰੂਪ ਧੂਪ ਨ ਨੈਣ ਬੰਕੇ ਜਹ ਭਾਵੈ ਤਹ ਰਖੁ ਤੁਹੀ ॥ ਜੈ ਜੈ ਜਇਅੰਪਹਿ ਸਗਲ ਜਾ ਕਉ ਕਰੁਣਾਪਤਿ ਗਤਿ ਕਿਨਿ ਲਖਹੁ ॥ ਨਾਨਕੁ ਪਇਅੰਪੈ ਸੇਵ ਸੇਵਕੁ ਜਿਉ ਜਾਨਹੁ ਤਿਉ ਮੋਹਿ ਰਖਹੁ॥ ੩ ॥ [੯੪੭]

ਪਦ ਅਰਥ :–ਮੋਹਿ–ਮੈਨੂੰ । ਅਨਾਥ–ਨਿਮਾਣੇ ਨੂੰ । ਪ੍ਰਿਅ ਨਾਥ–ਹੇ ਪਿਆਰੇ ਖਸਮ-ਪ੍ਰਭੂ ! ਮੋਹਿ–ਮੈਂ ਵਿਚ । ਰੀਝਾਵਉ–ਰੀਝਾਵਊਂ, ਮੈਂ (ਤੈਨੂੰ) ਪ੍ਰਸੰਨ ਕਰ ਸਕਾਂ । ਕਹਿ–(ਕੁਝ) ਆਖ ਕੇ । ਮੁਖਹੁ–ਮੂੰਹ ਤੋਂ । ਚਤੁਰਿ–ਸਿਆਣੀ [ਇਸਤ੍ਰੀ ਲਿੰਗ]। ਸੁਘਰਿ–ਸੁਘੜ, ਚੰਗੀ ਮਾਨਸਕ ਘਾੜਤ ਵਾਲੀ । ਬੇਤੀ–ਜਾਣਨ ਵਾਲੀ, ਚੰਗੀ ਸੂਝ ਵਾਲੀ । ਮੋਹਿ ਨਿਰਗੁਨਿ–ਮੈਂ ਗੁਣ-ਹੀਨ ਵਿਚ । ਧੂਪ–ਸੁਗੰਧੀ, (ਚੰਗੇ ਗੁਣਾਂ ਵਾਲੀ) ਸੁਗੰਧੀ । ਬੰਕੇ–ਸੋਹਣੇ, ਬਾਂਕੇ । ਨੈਣ–ਅੱਖਾਂ । ਜਹ–ਜਿੱਥੇ । ਭਾਵੈ–ਤੈਨੂੰ ਚੰਗਾ ਲੱਗੇ । ਜੈ ਜੈ–ਜੈਕਾਰ, ਸਿਫ਼ਤਿ-ਸਾਲਾਹ । ਜਇਅੰਪਹਿ–ਉਚਾਰਦੇ ਹਨ । ਜਾ ਕਉ–ਜਿਸ ਨੂੰ । ਕਰੁਣਾਪਤਿ–[ਕਰੁਣਾ–ਤਰਸ, ਦਇਆ । ਪਤਿ–ਮਾਲਕ] ਹੇ ਦਇਆ ਦੇ ਮਾਲਕ ! ਗਤਿ–ਉੱਚੀ ਆਤਮਕ ਅਵਸਥਾ । ਕਿਨਿ–ਕਿਸ ਨੇ ? ਮੋਹਿ–ਮੈਨੂੰ । ਰਖਹੁ–ਰੱਖਿਆ ਕਰ । ੩ ।

ਅਰਥ :–ਹੇ ਪਿਆਰੇ ਖਸਮ–ਪ੍ਰਭੂ ! ਜਿਵੇਂ ਹੋ ਸਕੇ,(ਇਸ ਮੋਹਨੀ ਮਾਇਆ ਦੇ ਪੰਜੇ ਤੋਂ) ਮੈਨੂੰ ਨਿਮਾਣੇ ਨੂੰ (ਬਚਾ ਕੇ) ਰੱਖ । ਮੇਰੇ ਅੰਦਰ ਕੋਈ ਸਿਆਣਪ ਨਹੀਂ ਕਿ ਮੈਂ (ਕੁਝ) ਮੂੰਹੋਂ ਆਖ ਕੇ ਤੈਨੂੰ ਪ੍ਰਸੰਨ ਕਰ ਸਕਾਂ ।

ਹੇ ਪਿਆਰੇ ਨਾਥ ! ਮੈਂ ਚਤੁਰ ਨਹੀਂ, ਮੈਂ ਚੰਗੀ ਮਾਨਸਕ ਘਾੜਤ ਵਾਲੀ ਨਹੀਂ, ਮੈਂ ਸਿਆਣੀ ਨਹੀਂ, ਮੈਂ ਚੰਗੀ ਸੂਝ ਵਾਲੀ ਨਹੀਂ, ਮੈਂ ਗੁਣ-ਹੀਨ ਵਿਚ (ਕੋਈ ਭੀ) ਗੁਣ ਨਹੀਂ । ਨਾਂਹ ਮੇਰਾ ਸੋਹਣਾ ਰੂਪ ਹੈ, ਨਾਂਹ (ਮੇਰੇ ਅੰਦਰ ਚੰਗੇ ਗੁਣਾਂ ਵਾਲੀ) ਸੁਗੰਧੀ ਹੈ,ਨਾਂਹ ਮੇਰੇ ਬਾਂਕੇ ਨੈਣ ਹਨ–ਜਿੱਥੇ ਤੇਰੀ ਰਜ਼ਾ ਹੈ ਉਥੇ ਹੀ ਮੈਨੂੰ(ਇਸ ਮੋਹਣੀ ਮਾਇਆ ਤੋਂ) ਬਚਾ ਲੈ ।

ਹੇ ਤਰਸ ਦੇ ਮਾਲਕ ਪ੍ਰਭੂ ! (ਤੂੰ ਐਸਾ ਹੈਂ,) ਜਿਸ ਦੀ ਸਾਰੇ ਜੀਵ ਜੈ ਜੈਕਾਰ ਉਚਾਰਦੇ ਹਨ । ਤੂੰ ਕਿਹੋ ਜਿਹਾ ਹੈਂ–ਕਿਸੇ ਨੇ ਭੀ ਇਹ ਭੇਤ ਨਹੀਂ ਸਮਝਿਆ । ਨਾਨਕ ਬੇਨਤੀ ਕਰਦਾ ਹੈ–ਹੇ ਪ੍ਰਭੂ ! ਮੈ ਤੇਰਾ) ਸੇਵਕ ਹਾਂ(ਮੈਨੂੰ ਆਪਣੀ)ਸੇਵਾ-ਭਗਤੀ(ਬਖ਼ਸ਼) ਜਿਵੇਂ ਹੋ ਸਕੇ, ਤਿਵੇਂ ਮੈਨੂੰ (ਇਸ ਮੋਹਨੀ ਮਾਇਆ ਤੋਂ) ਬਚਾਈ ਰੱਖ । ੩ ।

ਮੋਹਿ ਮਛੁਲੀ ਤੁਮ ਨੀਰ ਤੁਝ ਬਿਨੁ ਕਿਉ ਸਰੈ ।। ਮੋਹਿ ਚਾਤ੍ਰਿਕ ਤੁਮ੍ਹ ਬੂੰਦ ਤ੍ਰਿਪਤਉ ਮੁਖਿ ਪਰੈ ।। ਮੁਖਿ ਪਰੈ, ਹਰੈ ਪਿਆਸ ਮੇਰੀ, ਜੀਅ ਹੀਆ ਪ੍ਰਾਨ ਪਤੇ ॥ ਲਾਡਿਲੇ ਲਾਡ ਲਡਾਇ ਸਭ ਮਹਿ ਮਿਲੁ ਹਮਾਰੀ ਹੋਇ ਗਤੇ।।ਚੀਤਿ ਚਿਤਵਉ ਮਿਟੁ ਅੰਧਾਰੇ ਜਿਉ ਆਸ ਚਕਵੀ ਦਿਨੁ ਚਰੈ॥ ਨਾਨਕੁ ਪਇਅੰਪੈ ਪ੍ਰਿਅ ਸੰਗਿ ਮੇਲੀ ਮਛੁਲੀ ਨੀਰੁ ਨ ਵੀਸਰੈ ।।੪॥

[੮੪੭]

ਪਦ ਅਰਥ :–ਮੋਹਿ–ਮੈਂ । ਮਛੁਲੀ–ਮੱਛੀ । ਤੁਮ ਨੀਰ–ਤੇਰਾ ਨਾਮ ਪਾਣੀ ਹੈ।

ਕਿਉ ਸਰੈ–ਨਿਭ ਨਹੀਂ ਸਕਦੀ, ਮੇਰਾ ਜੀਊਣ ਨਹੀਂ ਹੋ ਸਕਦਾ। ਚਾਤ੍ਰਿਕ–ਪਪੀਹਾ। ਤ੍ਰਿਪਤਉ–ਤ੍ਰਿਪਤਉਂ, ਮੈਂ ਰੱਖਦਾ ਹਾਂ। ਮੁਖਿ–(ਮੇਰੇ) ਮੂੰਹ ਵਿਚ। ਪਰੈ–(ਨਾਮ-ਬੂੰਦ) ਪੈਂਦੀ ਹੈ। ਹਰੈ–ਦੂਰ ਕਰ ਦੇਂਦੀ ਹੈ। ਜੀਵ ਪਤੇ–ਹੇ ਮੇਰੇ ਜਿੰਦ ਦੇ ਮਾਲਕ ! ਹੀਆ ਪਤੇ–ਹੇ ਮੇਰੇ ਹਿਰਦੇ ਦੇ ਮਾਲਕ ! ਪ੍ਰਾਨ ਪਤੇ–ਹੇ ਮੇਰੇ ਪ੍ਰਾਣਾਂ ਦੇ ਮਾਲਕ ! ਲਾਡਿਲੇ–ਹੇ ਪਿਆਰੇ ! ਲਾਡ ਲਡਾਇ–ਪਿਆਰ-ਭਰੇ ਕੌਤਕ ਕਰ ਕੇ। ਸਭ ਮਹਿ–ਸਾਰੀ ਸ੍ਰਿਸ਼ਟੀ ਵਿਚ। ਗਤੇ–ਗਤਿ, ਉੱਚੀ ਆਤਮਕ ਅਵਸਥਾ। ਚੀਤਿ–ਚਿੱਤ ਵਿਚ। ਚਿਤਵਉ–ਚਿਤਵਉਂ, ਮੈਂ ਚਿਤਾਰਦੀ ਹਾਂ। ਮਿਟੁ–ਦੂਰ ਹੋ ਜਾ। ਅੰਧਾਰੇ–ਹੇ ਹਨੇਰੇ ! ਚਰੈ–ਚੜ੍ਹ ਰਿਹਾ ਹੈ। ਪ੍ਰਿਅ–ਹੇ ਪਿਆਰੇ ! ਸੰਗਿ–(ਆਪਣੇ)ਨਾਲ। ਮੇਲੀ-ਮੇਲਿ, ਮਿਲਾ ਲੈ।੪।

ਅਰਥ :–ਹੇ ਪ੍ਰਭੂ !ਮੈਂ ਮੱਛੀ (ਵਾਸਤੇ) ਤੂੰ (ਤੇਰਾ ਨਾਮ) ਪਾਣੀ ਹੈ, ਤੈਥੋਂ ਬਿਨਾ (ਤੇਰੀ ਯਾਦ ਤੋਂ ਬਿਨਾ)ਮੇਰਾ ਜੀਊਣ ਨਹੀਂ ਹੋ ਸਕਦਾ।ਹੇ ਪ੍ਰਭੂ ! ਮੈਂ ਪਪੀਹੇ(ਵਾਸਤੇ) ਤੂੰ (ਤੇਰਾ ਨਾਮ) ਵਰਖਾ ਦੀ ਬੂੰਦ ਹੈ, ਮੈਨੂੰ (ਤਦੋਂ)ਸ਼ਾਂਤੀ ਆਉਂਦੀ ਹੈ (ਜਦੋਂ ਨਾਮ-ਬੂੰਦ ਮੇਰੇ) ਮੂੰਹ ਵਿਚ ਪੈਂਦੀ ਹੈ। (ਜਿਵੇਂ ਵਰਖਾ ਦੀ ਬੂੰਦ ਪਪੀਹੇ ਦੇ ਮੂੰਹ ਵਿਚ ਪੈਂਦੀ ਹੈ ਤਾਂ ਉਹ ਬੂੰਦ ਉਸ ਦੀ ਪਿਆਸ ਦੂਰ ਕਰ ਦੇਂਦੀ ਹੈ, ਤਿਵੇਂ ਜਦੋਂ ਤੇਰਾ ਨਾਮ-ਬੂੰਦ ਮੇਰੇ)ਮੂੰਹ ਵਿਚ ਪੈਂਦੀ ਹੈ ਤਾਂ ਉਹ (ਮੇਰੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਦੂਰ ਕਰ ਦੇਂਦੀ ਹੈ। ਹੇ ਮੇਰੀ ਜਿੰਦ ਦੇ ਮਾਲਕ ! ਹੇ ਮੇਰੇ ਹਿਰਦੇ ਦੇ ਸਾਈਂ ! ਹੇ ਮੇਰੇ ਪ੍ਰਾਣਾਂ ਦੇ ਨਾਥ ! ਹੇ ਪਿਆਰੇ ! ਪਿਆਰ-ਭਰੇ ਕੌਤਕ ਕਰ ਕੇ ਤੂੰ ਸਾਰੀ ਸ੍ਰਿਸ਼ਟੀ ਵਿਚ (ਵੱਸ ਰਿਹਾ ਹੈਂ। ਹੇ ਪਿਆਰੇ ! ਮੈਨੂੰ) ਮਿਲ, (ਤਾਕਿ) ਮੇਰੀ ਉੱਚੀ ਆਤਮਕ ਅਵਸਥਾ ਬਣ ਸਕੇ।

ਹੇ ਪ੍ਰਭੂ ! ਜਿਵੇਂ ਚਕਵੀ ਆਸ ਬਣਾਈ ਰੱਖਦੀ ਹੈ ਕਿ ਦਿਨ ਚੜ੍ਹ ਰਿਹਾ ਹੈ, ਤਿਵੇਂ ਮੈਂ ਭੀ (ਤੇਰਾ ਮਿਲਾਪ ਹੀ) ਚਿਤਾਰਦੀ ਰਹਿੰਦੀ ਹਾਂ (ਤੇ, ਆਖਦੀ ਰਹਿੰਦੀ ਹਾਂ–) ਹੇ ਹਨੇਰੇ ! (ਮਾਇਆ ਦੇ ਮੋਹ ਦੇ ਹਨੇਰੇ ! ਮੇਰੇ ਅੰਦਰੋਂ) ਦੂਰ ਹੋ ਜਾ। ਨਾਨਕ ਬੇਨਤੀ ਕਰਦਾ ਹੈ–ਹੇ ਪਿਆਰੇ !(ਮੈਨੂੰ ਆਪਣੇ) ਨਾਲ ਮਿਲਾ ਲੈ, (ਮੈਂ) ਮੱਛੀ ਨੂੰ (ਤੇਰਾ ਨਾਮ-) ਪਾਣੀ ਭੁੱਲ ਨਹੀਂ ਸਕਦਾ। ੪।

ਧਨਿ ਧੰਨਿ ਹਮਾਰੇ ਭਾਗ ਘਰਿ ਆਇਆ ਪਿਰੁ ਮੇਰਾ ॥ ਸੋਹੇ ਬੰਕ ਦੁਆਰ ਸਗਲਾ ਬਨੁ ਹਰਾ॥ਹਰ ਹਰਾ ਸੁਆਮੀ ਸੁਖਹਗਾਮੀ ਅਨਦ ਮੰਗਲ ਰਸੁ ਘਣਾ॥ਨਵਲ ਨਵਤਨ ਨਾਹੁ ਬਾਲਾ ਕਵਨ ਰਸਨਾ ਗੁਨ ਭਣਾ॥ਮੇਰੀ ਸੇਜ ਸੋਹੀ ਦੇਖਿ ਮੋਹੀ ਸਗਲ ਸਹਸਾ ਦੁਖੁ ਹਰਾ ॥ ਨਾਨਕੁ ਪਇਅੰਪੈ ਮੇਰੀ ਆਸ ਪੂਰੀ ਮਿਲੇ ਸੁਆਮੀ ਅਪਰੰਪਰਾ ॥ ੫ ॥ ੩ ॥ [ਪੰਨਾ ੯੪੭]

ਪਦ ਅਰਥ :–ਧਨਿ ਧੰਨਿ–[धन्य धन्य] ਬਹੁਤ ਚੰਗੇ, ਬਹੁਤ ਸਲਾਹਣ-

ਜੋਗ। ਘਰਿ–ਘਰ ਵਿਚ, ਹਿਰਦੇ-ਘਰ ਵਿਚ। ਪਿਰੁ–ਪ੍ਰਭੂ-ਪਤੀ । ਸੋਹੇ–ਸੋਹਣੇ ਬਣ ਗਏ ਹਨ। ਬੰਕ–ਸੋਹਣੇ, ਬਾਂਕੇ । ਦੁਆਰ–(ਇਸ ਸਰੀਰ-ਘਰ ਦੇ) ਦਰਵਾਜ਼ੇ, ਸਾਰੇ ਗਿਆਨ-ਇੰਦ੍ਰੇ। ਬਨੁ–ਜੰਗਲ, ਜੂਹ, ਹਿਰਦਾ-ਜੂਹ। ਹਰਾ–ਆਤਮਕ ਜੀਵਨ ਵਾਲਾ। ਹਰ ਹਠਾ–ਹਰਾ ਹਰਾ, ਆਤਮਕ ਜੀਵਨ ਨਾਲ ਭਰਪੂਰ। ਸੁਖਹਗਾਮੀ–ਸੁਖਾਂ ਤਕ ਅਪੜਾਣ ਵਾਲਾ। ਮੰਗਲ–ਖ਼ੁਸ਼ੀ। ਰਸੁ–ਸੁਆਦ, ਆਨੰਦ। ਘਣਾ–ਬਹੁਤ। ਨਵਲ–ਨਵਾਂ। ਨਵਤਨ–ਨਵਾਂ, ਨਵੇਂ ਪਿਆਰ ਵਾਲਾ। ਨਾਹੁ–ਨਾਥੁ, ਖਸਮ-ਪ੍ਰਭੂ । ਰਸਨਾ–ਜੀਭ ਨਾਲ। ਕਵਨ ਗੁਨ–ਕਿਹੜੇ ਕਿਹੜੇ ਗੁਣ ? ਭਣਾ–ਭਣਾਂ, ਮੈਂ ਬਿਆਨ ਕਰਾਂ। ਸੇਜ–ਹਿਰਦਾ-ਸੇਜ। ਸੋਹੀ–ਸਜ ਗਈ ਹੈ। ਦੇਖਿ–ਵੇਖ ਕੇ। ਸਹਸਾ–ਸਹਮ। ਹਰਾ–ਦੂਰ ਕਰ ਦਿੱਤਾ ਹੈ। ਅਪਰੰਪਰਾ–ਪਰੇ ਤੋਂ ਪਰੇ, ਬੇਅੰਤ। ੫।

ਅਰਥ :–ਹੇ ਸਹੇਲੀਏ ! (ਮੇਰੇ ਹਿਰਦੇ-) ਘਰ ਵਿਚ ਮੇਰਾ (ਪ੍ਰਭੂ) ਪਤੀ ਆ ਵੱਸਿਆ ਹੈ, ਮੇਰੇ ਭਾਗ ਜਾਗ ਪਏ ਹਨ । (ਮੇਰੇ ਇਸ ਸਰੀਰ-ਘਰ ਦੇ) ਦਰਵਾਜ਼ੇ (ਸਾਰੇ ਗਿਆਨ-ਇੰਦ੍ਰੇ) ਸੋਹਣੇ ਬਣ ਗਏ ਹਨ (ਭਾਵ, ਹੁਣ ਇਹ ਗਿਆਨ-ਇੰਦ੍ਰੇ ਵਿਕਾਰਾਂ ਵਲ ਖਿੱਚ ਨਹੀਂ ਖਾਂਦੇ, ਮੇਰਾ) ਸਾਰਾ ਹਿਰਦੇ-ਜੂਹ ਆਤਮਕ ਜੀਵਨ ਵਾਲਾ ਹੋ ਗਿਆ ਹੈ।

ਹੇ ਸਹੇਲੀਏ ! ਆਤਮਕ ਜੀਵਨ ਨਾਲ ਭਰਪੂਰ ਅਤੇ ਸੁਖਾਂ ਦੀ ਦਾਤਿ ਦੇਣ ਵਾਲਾ ਮਾਲਕ-ਪ੍ਰਭੂ (ਮੇਰੇ ਹਿਰਦੇ-ਘਰ ਵਿਚ ਆ ਵੱਸਿਆ ਹੈ, ਜਿਸ ਦਾ ਸਦਕਾ ਮੇਰੇ ਅੰਦਰ) ਆਨੰਦ ਬਣ ਗਏ ਹਨ, ਖ਼ੁਸ਼ੀਆਂ ਹੋ ਗਈਆਂ ਹਨ, ਬਹੁਤ ਸੁਆਦ ਬਣ ਗਿਆ ਹੈ। ਹੇ ਸਹੇਲੀਏ ! ਮੇਰਾ ਖਸਮ-ਪ੍ਰਭੂ ਹਰ ਵੇਲੇ ਨਵਾਂ ਹੈ ਜੁਆਨ ਹੈ (ਭਾਵ, ਉਸ ਦਾ ਪਿਆਰ ਕਦੇ ਕਮਜ਼ੋਰ ਨਹੀਂ ਪੈਂਦਾ)। ਮੈਂ (ਆਪਣੀ) ਜੀਭ ਨਾਲ (ਉਸ ਦੇ) ਕਿਹੜੇ ਕਿਹੜੇ ਗੁਣ ਦੱਸਾਂ ?

ਨਾਨਕ ਬੇਨਤੀ ਕਰਦਾ ਹੈ–(ਹੇ ਸਹੇਲੀਏ ! ਖਸਮ-ਪ੍ਰਭੂ ਦੇ ਮੇਰੇ ਹਿਰਦੇ ਵਿਚ ਆ ਵੱਸਣ ਨਾਲ) ਮੇਰੀ ਹਿਰਦਾ-ਸੇਜ ਸਜ ਗਈ ਹੈ,(ਉਸ ਪ੍ਰਭੂ-ਪਤੀ ਦਾ)ਦਰਸ਼ਨ ਕਰ ਕੇ ਮੈਂ ਮਸਤ ਹੋ ਰਹੀ ਹਾਂ (ਉਸ ਨੇ ਮੇਰੇ ਅੰਦਰੋਂ) ਹਰੇਕ ਸਹਿਮ ਤੇ ਦੁੱਖ ਦੂਰ ਕਰ ਦਿੱਤਾ ਹੈ। ਮੈਨੂੰ ਬੇਅੰਤ ਮਾਲਕ-ਪ੍ਰਭੂ ਮਿਲ ਪਿਆ ਹੈ, ਮੇਰੀ ਹਰੇਕ ਆਸ ਪੂਰੀ ਹੋ ਗਈ ਹੈ।੫।੩।

ਬਿਲਾਵਲੁ ਮਹਲਾ ੫ ਛੰਤ ਮੰਗਲ

ੴ ਸਤਿਗੁਰਪ੍ਰਸਾਦਿ ॥ ਸਲੋਕੁ ॥ ਸੁੰਦਰ ਸਾਂਤਿ ਦਇਆਲ ਪ੍ਰਭ ਸਰਬ ਸੁਖਾ ਨਿਧਿ ਪੀਉ ॥ ਸੁਖ ਸਾਗਰ ਪ੍ਰਭ ਭੇਟਿਐ ਨਾਨਕ ਸੁਖੀ ਹੋਤ ਇਹੁ ਜੀਉ ॥ ੧ । ਛੰਤ ॥ ਸੁਖ ਸਾਗਰ ਪ੍ਰਭੁ ਪਾਈਐ ਜਬ ਹੋਵੈ ਭਾਗੋ ਰਾਮ ॥ ਮਾਨਨਿ ਮਾਨੁ ਵਞਾਈਐ ਹਰਿ ਚਰਣੀ ਲਾਗੋ ਰਾਮ ॥ ਛੋਡਿ

ਸਿਆਨਪ ਚਾਤੁਰੀ ਦੁਰਮਤਿ ਬੁਧਿ ਤਿਆਗੋ ਰਾਮ ॥ ਨਾਨਕ ਪਉ ਸਰਣਾਈ ਰਾਮਰਾਇ ਥਿਰੁ ਹੋਇ ਸੁਹਾਗੋ ਰਾਮ ॥ ੧ ॥ [੮੪੭]

ਪਦ ਅਰਥ :–ਦਇਆਲ–[ਦਇਆ-ਆਲਯ] ਦਇਆ ਦਾ ਘਰ । ਸਰਬ ਸੁਖਾ ਨਿਧਿ–ਸਾਰੇ ਸੁਖਾਂ ਦਾ ਖ਼ਜ਼ਾਨਾ । ਪੀਉ–ਪ੍ਰਭੂ-ਪਤੀ । ਸਾਗਰ–ਸਮੁੰਦਰ । ਪ੍ਰਭ ਭੇਟਿਐ–ਜੇ ਪ੍ਰਭੂ ਮਿਲ ਪਏ । ਜੀਉ–ਜੀਊੜਾ, ਜਿੰਦ । ੧ ।

ਛੰਤ । ਪਾਈਐ–ਮਿਲਦਾ ਹੈ । ਭਾਗੋ–ਭਾਗੁ, ਕਿਸਮਤ । ਮਾਨਨਿ–ਹੇ ਮਾਣ ਵਾਲੀਏ ! ਹੇ ਮਾਣ-ਮੱਤੀ ਜੀਵ-ਇਸਤ੍ਰੀਏ ! ਵਞਾਈਐ–ਦੂਰ ਕਰਨਾ ਚਾਹੀਦਾ ਹੈ । ਲਾਗੋ–ਲਾਗੁ, ਲੱਗੀ ਰਹੁ । ਚਾਤੁਰੀ–ਚਤੁਰਾਈ । ਦੁਰਮਤਿ–ਖੋਟੀ ਮਤਿ । ਤਿਆਗੋ–ਤਿਆਗੁ, ਦੂਰ ਕਰ । ਥਿਰੁ–ਅਟੱਲ । ਸੁਹਾਗੋ–ਸੁਹਾਗੁ, ਸਿਰ ਦਾ ਸਾਈਂ, ਖਸਮ ।੧।

ਅਰਥ :–ਸਲੋਕ–ਹੇ ਨਾਨਕ !ਪ੍ਰਭੂ-ਪਤੀ ਸੋਹਣਾ ਹੈ ਸ਼ਾਂਤੀ-ਰੂਪ ਹੈ, ਦਇਆ ਦਾ ਸੋਮਾ ਹੈ ਅਤੇ ਸਾਰੇ ਸੁਖਾਂ ਦਾ ਖ਼ਜ਼ਾਨਾ ਹੈ । ਜੇ ਉਹ ਸੁਖਾਂ ਦਾ ਸਮੁੰਦਰ ਪ੍ਰਭੂ ਮਿਲ ਪਏ, ਤਾਂ ਇਹ ਜਿੰਦ ਸੁਖੀ ਹੋ ਜਾਂਦੀ ਹੈ । ੧ ।

ਛੰਤ–ਹੇ ਮਾਨ ਮੱਤੀ ਜੀਵ-ਇਸਤ੍ਰੀਏ ! ਜਦੋਂ (ਮੱਥੇ ਦਾ) ਭਾਗ ਜਾਗਦਾ ਹੈ ਤਦੋਂ ਸੁਖਾਂ ਦਾ ਸਮੁੰਦਰ ਪ੍ਰਭੂ ਮਿਲ ਪੈਂਦਾ ਹੈ (ਪਰ ਉਸ ਨੂੰ ਮਿਲਣ ਲਈ ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਦੇਣਾ ਚਾਹੀਦਾ ਹੈ । ਹੇ ਜੀਵ-ਇਸਤ੍ਰੀ ! (ਮਾਣ ਤਿਆਗ ਕੇ) ਪ੍ਰਭੂ ਦੇ ਚਰਨਾਂ ਵਿਚ ਜੁੜੀ ਰਹੁ, ਸਿਆਣਪ ਚਤੁਰਾਈ ਛੱਡ ਦੇਹ, ਖੋਟੀ ਮਤਿ-ਬੁਧਿ (ਆਪਣੇ ਅੰਦਰੋਂ) ਦੂਰ ਕਰ । ਹੇ ਨਾਨਕ ! (ਆਖ–ਹੇ ਜੀਵ-ਇਸਤ੍ਰੀ !) ਪ੍ਰਭੂ-ਪਾਤਿਸ਼ਾਹ ਦੀ ਸਰਨ ਪਈ ਰਹੁ, (ਤਾਂ ਹੀ ਤੇਰੇ ਸਿਰ ਉੱਤੇ ਤੇਰੇ ਸਿਰ ਦਾ)ਖਸਮ ਸਦਾ ਲਈ ਟਿਕਿਆ ਰਹੇਗਾ । ੧ ।

ਸੋ ਪ੍ਰਭੁ ਤਜਿ ਕਤ ਲਾਗੀਐ ਜਿਸੁ ਬਿਨੁ ਮਰਿ ਜਾਈਐ ਰਾਮ ॥ ਲਾਜ ਨ ਆਵੈ ਅਗਿਆਨ ਮਤੀ ਦੁਰਜਨ ਬਿਰਮਾਈਐ ਰਾਮ ॥ ਪਤਿਤ ਪਾਵਨ ਪ੍ਰਭੁ ਤਿਆਗਿ ਕਰੇ ਕਹੁ ਕਤ ਠਹਰਾਈਐ ਰਾਮ ॥ਨਾਨਕ ਭਗਤਿ ਭਾਉ ਕਰਿ ਦਇਆਲ ਕੀ ਜੀਵਨ ਪਦੁ ਪਾਈਐ ਰਾਮ ॥੨॥ [੮੪੮]

ਪਦ ਅਰਥ :–ਤਜਿ–ਤਿਆਗ ਕੇ, ਵਿਸਾਰ ਕੇ ।ਕਤੁ–[ਕੁਤ੍ਰ] ਕਿੱਥੇ ? ਲਾਗੀਐ –ਪਰਚੇ ਰਹੀਦਾ ਹੈ । ਮਰਿ ਜਾਈਐ–ਆਤਮਕ ਮੌਤੇ ਮਰ ਜਾਈਦਾ ਹੈ ।ਲਾਜ–ਸ਼ਰਮ । ਅਗਿਆਨ–ਆਤਮਕ ਜੀਵਨ ਵਲੋਂ ਬੇ-ਸਮਝੀ । ਅਗਿਆਨ ਮਤੀ–ਉਹ ਮਨੁੱਖ ਜਿਸ ਦੀ ਮਤਿ ਆਤਮਕ ਜੀਵਨ ਵਲੋਂ ਕੋਰੀ ਹੈ । ਬਿਰਮਾਈਐ–ਪਰਚਿਆ ਰਹਿੰਦਾ ਹੈ । ਦੁਰਜਨ–ਭੈੜੇ ਬੰਦਿਆਂ ਵਿਚ । ਪਤਿਤ–ਵਿਕਾਰਾਂ ਵਿਚ ਡਿੱਗੇ ਹੋਏ, ਵਿਕਾਰੀ । ਪਤਿਤ

ਪਾਵਨ ਪ੍ਰਭੁ—ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਪ੍ਰਭੂ। ਕਰੇ—ਕਰਿ। ਤਿਆਗਿ ਕਰੇ—ਤਿਆਗਿ ਕਰਿ, ਤਿਆਗ ਕੇ। ਕਹੁ—ਦੱਸ। ਕਤ—ਕਿੱਥੇ? ਠਹਰਾਈਐ—ਸ਼ਾਂਤੀ ਆ ਸਕਦੀ ਹੈ। ਭਾਉ—ਪ੍ਰੇਮ। ਪਦੁ—ਦਰਜਾ। ਜੀਵਨ ਪਦੁ—ਆਤਮਕ ਜੀਵਨ ਵਾਲਾ ਦਰਜਾ। ਪਾਈਐ—ਮਿਲਦਾ ਹੈ। ੨।

ਅਰਥ :—ਹੇ ਭਾਈ! ਜਿਸ (ਪਰਮਾਤਮਾ ਦੀ ਯਾਦ) ਤੋਂ ਬਿਨਾ ਆਤਮਕ ਮੌਤ ਸਹੇੜ ਲਈਦੀ ਹੈ, ਉਸ ਨੂੰ ਭੁਲਾ ਕੇ ਕਿਸੇ ਭੀ ਹੋਰ ਥਾਂ ਪਰਚਣਾ ਨਹੀਂ ਚਾਹੀਦਾ। ਪਰ ਜਿਸ ਮਨੁੱਖ ਦੀ ਮਤਿ ਆਤਮਕ ਜੀਵਨ ਵਲੋਂ ਕੋਰੀ ਹੈ (ਪ੍ਰਭੂ ਦੀ ਯਾਦ ਭੁਲਾ ਕੇ) ਉਸ ਨੂੰ ਸ਼ਰਮ ਨਹੀਂ ਆਉਂਦੀ, ਉਹ ਮਨੁੱਖ ਭੈੜੇ ਬੰਦਿਆਂ ਵਿਚ ਪਰਚਿਆ ਰਹਿੰਦਾ ਹੈ। ਹੇ ਭਾਈ! ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲੇ ਪ੍ਰਭੂ ਨੂੰ ਭੁਲਾ ਕੇ ਹੋਰ ਕਿਸੇ ਭੀ ਸ਼ਾਂਤੀ ਕਰਿਆ ਕਰ, ਪ੍ਰਭੂ ਨਾਲ ਪਿਆਰ ਪਾਈ ਰੱਖ (ਇਸ ਤਰ੍ਹਾਂ) ਆਤਮਕ ਜੀਵਨ ਵਾਲਾ (ਉੱਚਾ) ਦਰਜਾ ਮਿਲ ਜਾਂਦਾ ਹੈ। ੨।

ਸ੍ਰੀ ਗੋਪਾਲੁ ਨ ਉਚਰਹਿ ਬਲਿ ਗਈਏ ਦੁਹਚਾਰਣਿ ਰਸਨਾ ਰਾਮ॥ ਪ੍ਰਭੁ ਭਗਤਿ ਵਛਲੁ ਨਹ ਸੇਵਹੀ ਕਾਇਆ ਕਾਕ ਗ੍ਰਸਨਾ ਰਾਮ॥ ਭ੍ਰਮਿ ਮੋਹੀ ਦੂਖ ਨ ਜਾਣਹੀ ਕੋਟਿ ਜੋਨੀ ਬਸਨਾ ਰਾਮ॥ ਨਾਨਕ ਬਿਨੁ ਹਰਿ ਅਵਰੁ ਜਿ ਚਾਹਨਾ ਬਿਸਟਾ ਕ੍ਰਿਮ ਭਸਮਾ ਰਾਮ॥੩॥ [੮੪੮]

ਪਦ ਅਰਥ :—ਸ੍ਰੀ ਗੋਪਾਲੁ—ਸ੍ਰਿਸ਼ਟੀ ਦਾ ਪਾਲਣਹਾਰ ਪ੍ਰਭੂ। ਨ ਉਚਰਹਿ—(ਹੇ ਜੀਭ!) ਤੂੰ ਨਹੀਂ ਉਚਾਰਦੀ। ਬਲਿ ਗਈਏ—[ਨਿੰਦਾ-ਈਰਖਾ ਦੀ ਅੱਗ ਵਿਚ) ਸੜ ਰਹੀਏ! ਦੁਹਚਾਰਣਿ ਰਸਨਾ—(ਨਿੰਦਾ ਕਰਨ ਦੇ) ਮੰਦੇ ਕੰਮ ਵਿਚ ਪਈ ਹੋਈ ਹੇ ਜੀਭ! ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ। ਨਹ ਸੇਵਹੀ—ਨਹ ਸੇਵਹਿ, ਤੂੰ ਸੇਵਾ-ਭਗਤੀ ਨਹੀਂ ਕਰਦੀ। ਕਾਇਆ—ਸਰੀਰ। ਕਾਕ—(ਕਾਮਾਦਿਕ) ਕਾਂ। ਕਾਕ ਗ੍ਰਸਨਾ—(ਕਾਮਾਦਿਕ) ਕਾਂ ਖਾਈ ਜਾ ਰਹੇ ਹਨ। ਭ੍ਰਮਿ—ਭਟਕਣਾ ਵਿਚ। ਮੋਹੀ—ਠੱਗੀ ਹੋਈ। ਨ ਜਾਣਹੀ—ਨ ਜਾਣਹਿ, ਤੂੰ ਨਹੀਂ ਜਾਣਦੀ। ਕੋਟਿ—ਕ੍ਰੋੜਾਂ। ਅਵਰੁ ਸਿ—ਜਿਹੜਾ ਕੋਈ ਹੋਰ। ਕ੍ਰਿਮ—ਕੀੜਾ। ਭਸਮਾ—ਸੁਆਹ। ੩।

ਅਰਥ :—ਹੇ (ਨਿੰਦਾ-ਈਰਖਾ ਦੀ ਅੱਗ ਵਿਚ) ਸੜ ਰਹੀਏ! (ਨਿੰਦਾ ਕਰਨ ਦੇ) ਮੰਦੇ ਕੰਮ ਵਿਚ ਰੁੱਝੀ ਹੋਈ ਹੇ ਜੀਭ! ਤੂੰ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ (ਦਾ ਨਾਮ) ਯਾਦ ਨਹੀਂ ਕਰਦੀ। ਹੇ ਜਿੰਦੇ! ਜਿਹੜਾ ਪ੍ਰਭੂ ਭਗਤੀ ਨਾਲ ਪਿਆਰ ਕਰਨ ਵਾਲਾ ਹੈ, ਤੂੰ ਉਸ ਦੀ ਸੇਵਾ-ਭਗਤੀ ਨਹੀਂ ਕਰਦੀ, (ਤੇਰੇ ਇਸ) ਸਰੀਰ ਨੂੰ (ਕਾਮਾਦਿਕ) ਕਾਂ (ਅੰਦਰੇ ਅੰਦਰ) ਖਾਈ ਜਾ ਰਹੇ ਹਨ।

ਹੇ ਜਿੰਦੇ ! ਭਟਕਣਾ ਦੇ ਕਾਰਨ ਤੂੰ (ਆਤਮਕ ਸਰਮਾਇਆ) ਲੁਟਾਈ ਜਾ ਰਹੀ ਹੈਂ, (ਨਾਮ ਭੁਲਾ ਕੇ) ਕ੍ਰੋੜਾਂ ਜੂਨਾਂ ਵਿਚ ਪੈਣਾ ਪੈਂਦਾ ਹੈ, ਤੂੰ ਇਹਨਾਂ ਦੁੱਖਾਂ ਨੂੰ ਨਹੀਂ ਸਮਝਦੀ ! ਹੇ ਨਾਨਕ ! (ਆਖ–ਹੇ ਜਿੰਦੇ !) ਪਰਮਾਤਮਾ ਤੋਂ ਬਿਨਾ ਜਿਹੜਾ ਕਿਸੇ ਹੋਰ ਨੂੰ ਪਿਆਰ ਕਰਦੇ ਰਹਿਣਾ ਹੈ, (ਇਸ ਤਰ੍ਹਾਂ) ਗੂੰਹ ਦੇ ਕੀੜੇ ਵਾਂਗ (ਵਿਕਾਰਾਂ ਦੇ ਗੰਦ ਵਿਚ ਪਏ ਰਹਿ ਕੇ) ਆਤਮਕ ਜੀਵਨ (ਸੜ ਕੇ) ਸੁਆਹ ਹੋ ਜਾਂਦਾ ਹੈ । ੩ ।

ਲਾਇ ਬਿਰਹੁ ਭਗਵੰਤ ਸੰਗੇ ਹੋਇ ਮਿਲੁ ਬੈਰਾਗਨਿ ਰਾਮ ॥ ਚੰਦਨ ਚੀਰ ਸੁਗੰਧ ਰਸਾ ਹਉਮੈ ਬਿਖੁ ਤਿਆਗਨਿ ਰਾਮ ॥ਈਤ ਊਤ ਨਹ ਡੋਲੀਐ ਹਰਿ ਸੇਵਾ ਜਾਗਨਿ ਰਾਮ ॥ ਨਾਨਕ ਜਿਨਿ ਪ੍ਰਭੁ ਪਾਇਆ ਆਪਣਾ ਸਾ ਅਟਲ ਸੁਹਾਗਨਿ ਰਾਮ ॥ ੩ ॥ ੧ ॥ ੪ ॥ [ਪੰਨਾ ੮੪੮]

ਪਦ ਅਰਥ :–ਬਿਰਹੁ–ਪਿਆਰ । ਸੰਗੇ–ਨਾਲ । ਹੋਇ ਬੈਰਾਗਨਿ–ਵੈਰਾਗਣ ਹੋ ਕੇ । ਚੀਰ–(ਸੋਹਣੇ) ਕੱਪੜੇ । ਰਸਾ–ਸੁਆਦਲੇ ਭੋਜਨ । ਬਿਖੁ–(ਆਤਮਕ ਮੌਤ ਲਿਆਉਣ ਵਾਲੀ) ਜ਼ਹਿਰ । ਤਿਆਗਨਿ–ਤਿਆਗ ਦੇਂਦੇ ਹਨ । ਈਤ ਊਤ–ਇੱਥੇ ਉੱਥੇ । ਜਾਗਨਿ–ਜਾਗਦੇ ਹਨ, ਸੁਚੇਤ ਰਹਿੰਦੇ ਹਨ । ਜਿਨਿ–ਜਿਸ (ਜੀਵ-ਇਸਤ੍ਰੀ) ਨੇ। ਸਾ–ਉਹ (ਜੀਵ-ਇਸਤ੍ਰੀ) । ੪ ।

ਅਰਥ :–ਹੇ ਸਹੇਲੀਏ ! ਭਗਵਾਨ ਨਾਲ ਪ੍ਰੀਤ ਬਣਾਈ ਰੱਖ । (ਦੁਨੀਆ ਦੇ ਪਦਾਰਥਾਂ ਵਲੋਂ) ਵੈਰਾਗਣ ਹੋ ਕੇ (ਮੋਹ ਤੋੜ ਕੇ ਪ੍ਰਭੂ ਦੇ ਚਰਨਾਂ ਵਿਚ) ਜੁੜੀ ਰਹੁ । (ਜਿਹੜੀਆਂ ਜੀਵ-ਇਸਤ੍ਰੀਆਂ ਪ੍ਰਭੂ-ਚਰਨਾਂ ਵਿਚ ਜੁੜੀਆਂ ਰਹਿੰਦੀਆਂ ਹਨ, ਉਹ) ਚੰਦਨ, ਸੋਹਣੇ ਕੱਪੜੇ, ਸੁਗੰਧੀਆਂ, ਸੁਆਦਲੇ ਭੋਜਨ (ਆਦਿਕ ਤੋਂ ਪੈਦਾ ਹੋਣ ਵਾਲੀ) ਆਤਮਕ ਮੌਤ ਲਿਆਉਣ ਵਾਲੀ ਹਉਮੈ ਜ਼ਹਿਰ ਨੂੰ ਤਿਆਗ ਦੇਂਦੀਆਂ ਹਨ । (ਹੇ ਸਹੇਲੀਏ ! ਇਹਨਾਂ ਰਸਾਂ ਦੀ ਖ਼ਾਤਰ) ਇਧਰ ਉਧਰ ਡੋਲਣਾ ਨਹੀਂ ਚਾਹੀਦਾ ਹੈ, (ਪਰ ਇਹਨਾਂ ਵਲੋਂ) ਉਹੀ ਸੁਚੇਤ ਰਹਿੰਦੀਆਂ ਹਨ ਜਿਹੜੀਆਂ ਪ੍ਰਭੂ ਦੀ ਸੇਵਾ-ਭਗਤੀ ਵਿਚ ਲੀਨ ਰਹਿੰਦੀਆਂ ਹਨ ।

ਹੇ ਨਾਨਕ ! ਜਿਸ (ਜੀਵ-ਇਸਤ੍ਰੀ) ਨੇ ਆਪਣੇ ਪ੍ਰਭੂ (ਦਾ ਮਿਲਾਪ) ਹਾਸਲ ਕਰ ਲਿਆ, ਉਹ ਸਦਾ ਲਈ ਖਸਮ ਵਾਲੀ ਹੋ ਜਾਂਦੀ ਹੈ । ੪ । ੧ । ੪ ।

ਬਿਲਾਵਲੁ ਮਹਲਾ ੫॥ ਹਰਿ ਖੋਜਹੁ ਵਡਭਾਗੀਹੋ ਮਿਲਿ ਸਾਧੂ ਸੰਗੇ ਰਾਮ ॥ ਗੁਨ ਗੋਵਿਦ ਸਦ ਗਾਈਅਹਿ ਪਾਰਬ੍ਰਹਮ ਕੈ ਰੰਗੇ ਰਾਮ॥ ਸੋ ਪ੍ਰਭੁ ਸਦ ਹੀ ਸੇਵੀਐ ਪਾਈਅਹਿ ਫਲ ਮੰਗੇ ਰਾਮ ॥ ਨਾਨਕ ਪ੍ਰਭ ਸਰਣਾਗਤੀ ਜਪਿ ਅਨਤ ਤਰੰਗੇ ਰਾਮ ॥ ੧ ॥ [੮੪੮]

ਪਦ ਅਰਥ :–ਵਡਭਾਗੀਹੋ–ਹੇ ਵੱਡੇ ਭਾਗਾਂ ਵਾਲਿਓ ! ਮਿਲਿ–ਮਿਲ ਕੇ । ਸਾਧੂ ਸੰਗੇ–ਗੁਰੂ ਦੀ ਸੰਗਤਿ ਵਿਚ। ਸਦ–ਸਦਾ । ਗਾਈਅਹਿ–ਗਾਏ ਜਾਣੇ ਚਾਹੀਦੇ ਹਨ । ਕੈ ਰੰਗੇ–ਦੇ ਪਿਆਰ-ਰੰਗ ਵਿਚ (ਟਿਕ ਕੇ) । ਸੇਵੀਐ–ਸੇਵਾ-ਭਗਤੀ ਕਰਨੀ ਚਾਹੀਦੀ ਹੈ। ਪਾਈਅਹਿ–ਮਿਲ ਜਾਂਦੇ ਹਨ । ਪ੍ਰਭ ਸਰਣਾਗਤੀ–ਪ੍ਰਭੂ ਦੀ ਸਰਨ ਪਿਆ ਰਹੁ । ਜਪਿ–ਜਪਿਆ ਕਰ । ਅਨਤ–ਅਨੰਤ, ਅਨੇਕਾਂ । ਤਰੰਗ–ਲਹਿਰ । ਅਨਤ ਤਰੰਗੇ–ਅਨੇਕਾਂ ਲਹਿਰਾਂ ਦਾ ਮਾਲਕ ਪ੍ਰਭੂ । ੧ ।

ਅਰਥ :– ਹੇ ਵੱਡੇ ਭਾਗਾਂ ਵਾਲਿਓ! ਗੁਰੂ ਦੀ ਸੰਗਤਿ ਵਿਚ ਮਿਲ ਕੇ ਪਰਮਾਤਮਾ ਦੀ ਭਾਲ ਕਰਦੇ ਰਹੋ । ਹੇ ਭਾਈ ! ਪਰਮਾਤਮਾ ਦੇ ਪਿਆਰ-ਰੰਗ ਵਿਚ (ਟਿਕ ਕੇ) ਉਸ ਦੇ ਗੁਣ ਸਦਾ ਗਾਏ ਜਾਣੇ ਚਾਹੀਦੇ ਹਨ ।

ਹੇ ਭਾਈ ! ਸਦਾ ਹੀ ਉਸ ਪ੍ਰਭੂ ਦੀ ਸੇਵਾ-ਭਗਤੀ ਕਰਨੀ ਚਾਹੀਦੀ ਹੈ (ਉਸ ਦੀ ਭਗਤੀ ਦੀ ਬਰਕਤ ਨਾਲ) ਮੂੰਹ-ਮੰਗੇ ਫਲ ਮਿਲ ਜਾਂਦੇ ਹਨ । ਹੇ ਨਾਨਕ ! (ਸਦਾ) ਪਰਮਾਤਮਾ ਦੀ ਸਰਨ ਪਿਆ ਰਹੁ, ਉਸ ਅਨੇਕਾਂ ਲਹਿਰਾਂ ਦੇ ਮਾਲਕ ਪ੍ਰਭੂ ਦਾ ਨਾਮ ਜਪਿਆ ਕਰ । ੧ ।

ਇਕੁ ਤਿਲੁ ਪ੍ਰਭੂ ਨ ਵੀਸਰੈ ਜਿਨਿ ਸਭੁ ਕਿਛੁ ਦੀਨਾ ਰਾਮ ॥ ਵਡਭਾਗੀ ਮੇਲਾਵੜਾ ਗੁਰਮੁਖਿ ਪਿਰੁ ਚੀਨ੍ਾ ਰਾਮ ॥ ਬਾਹ ਪਕੜਿ ਤਮ ਤੇ ਕਾਢਿਆ ਕਰਿ ਅਪੁਨਾ ਲੀਨਾ ਰਾਮ॥ ਨਾਮੁ ਜਪਤ ਨਾਨਕ ਜੀਵੈ ਸੀਤਲੁ ਮਨੁ ਸੀਨਾ ਰਾਮ ॥ ੨ ॥ [੮੪੮]

ਪਦ ਅਰਥ :–ਇਕੁ ਤਿਲੁ–ਰਤਾ ਭਰ ਸਮੇ ਲਈ ਭੀ । ਜਿਨਿ–ਜਿਸ (ਪ੍ਰਭੂ)ਨੇ। ਮੇਲਾਵੜਾ–ਮਿਲਾਪ । ਗੁਰਮੁਖਿ–ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ । ਪਿਰੁ–ਪ੍ਰਭੂ-ਪਤੀ ਨੂੰ । ਚੀਨ੍ਾ–ਪਛਾਣਿਆ, ਸਾਂਝ ਪਾਈ । ਪਕੜਿ–ਫੜ ਕੇ । ਤਮ–(ਮਾਇਆ ਦੇ ਮੋਹ ਦਾ) ਹਨੇਰਾ । ਤੇ–ਤੋਂ । ਕਰਿ–ਕਰ ਕੇ, ਬਣਾ ਕੇ । ਜਪਤ–ਜਪਦਿਆਂ । ਜੀਵੈ–ਆਤਮਕ ਜੀਵਨ ਹਾਸਲ ਕਰ ਲੈਂਦਾ ਹੈ । ਸੀਤਲੁ–ਠੰਢਾ, ਸ਼ਾਂਤ । ਸੀਨਾ–ਛਾਤੀ, ਹਿਰਦਾ । ੨ ।

ਅਰਥ :–ਹੇ ਭਾਈ ! ਜਿਸ (ਪ੍ਰਭੂ) ਨੇ ਹਰੇਕ ਪਦਾਰਥ ਦਿੱਤਾ ਹੈ, ਉਸ ਨੂੰ ਰਤਾ ਭਰ ਸਮੇ ਲਈ ਭੀ ਭੁੱਲਣਾ ਨਹੀਂ ਚਾਹੀਦਾ । (ਪਰ ਉਸ ਨਾਲ) ਮਿਲਾਪ ਵੱਡੇ ਭਾਗਾਂ ਨਾਲ ਹੀ ਹੁੰਦਾ ਹੈ । ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਉਸ ਪ੍ਰਭੂ-ਪਤੀ ਨਾਲ ਡੂੰਘੀ ਸਾਂਝ ਪਾਂਦਾ ਹੈ । (ਸਾਂਝ ਪਾਣ ਵਾਲੇ ਦੀ) ਬਾਂਹ ਫੜ ਕੇ (ਉਸ ਨੂੰ ਮਾਇਆ ਦੇ ਮੋਹ ਦੇ) ਹਨੇਰੇ ਵਿਚੋਂ ਕੱਢ ਲੈਂਦਾ ਹੈ, ਅਤੇ ਉਸ ਨੂੰ ਆਪਣਾ ਬਣਾ ਲੈਂਦਾ ਹੈ ।

ਹੇ ਨਾਨਕ ! (ਪਰਮਾਤਮਾ ਦਾ) ਨਾਮ ਜਪਦਿਆਂ (ਮਨੁੱਖ) ਆਤਮਕ ਜੀਵਨ ਹਾਸਲ ਕਰ ਲੈਂਦਾ ਹੈ, (ਨਾਮ ਜਪਣ ਵਾਲੇ ਦਾ) ਮਨ ਹਿਰਦਾ ਠੰਢਾ-ਠਾਰ ਰਹਿੰਦਾ ਹੈ। ੨ ।

ਕਿਆ ਗੁਣ ਤੇਰੇ ਕਹਿ ਸਕਉ ਪ੍ਰਭ ਅੰਤਰਜਾਮੀ ਰਾਮ ॥ ਸਿਮਰਿ ਸਿਮਰਿ ਨਾਰਾਇਣੈ ਭਏ ਪਾਰਗਰਾਮੀ ਰਾਮ ॥ ਗੁਨ ਗਾਵਤ ਗੋਵਿੰਦ ਕੇ ਸਭ ਇਛ ਪੁਜਾਮੀ ਰਾਮ ॥ ਨਾਨਕ ਉਧਰੇ ਜਪਿ ਹਰੇ ਸਭਹੂ ਕਾ ਸੁਆਮੀ ਰਾਮ ॥ ੩ ॥ [੮੪੮]

ਪਦ ਅਰਥ :—ਕਹਿ ਸਕਉ—ਕਹਿ ਸਕਉਂ, ਮੈਂ ਆਖ ਸਕਦਾ ਹਾਂ। ਪ੍ਰਭ—ਹੇ ਪ੍ਰਭੂ ! ਅੰਤਰਜਾਮੀ—ਸਭ ਦੇ ਦਿਲ ਦੀ ਜਾਣਨ ਵਾਲਾ। ਸਿਮਰਿ—ਸਿਮਰ ਕੇ। ਨਾਰਾਇਣੈ—ਨਾਰਾਇਣ ਨੂੰ। ਪਾਰਗਰਾਮੀ—(ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਜੋਗੇ । ਗਾਵਤ—ਗਾਂਦਿਆਂ। ਇਛ—ਇੱਛਾਂ। ਪੁਜਾਮੀ—ਪੂਰੀਆਂ ਹੋ ਜਾਂਦੀਆਂ ਹਨ। ਉਧਰੇ—ਵਿਕਾਰਾਂ ਤੋਂ ਬਚ ਜਾਂਦੇ ਹਨ। ਜਪਿ—ਜਪ ਕੇ। ਸੁਆਮੀ—ਮਾਲਕ। ੩।

ਅਰਥ :—ਹੇ ਪ੍ਰਭੂ ! ਤੂੰ ਸਭ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈਂ। ਮੈਂ ਤੇਰੇ ਕਿਹੜੇ ਕਿਹੜੇ ਗੁਣ ਦੱਸ ਸਕਦਾ ਹਾਂ ? ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ ਜੀਵ ਸੰਸਾਰ-ਸਮੁੰਦਰ ਤੋਂ ਪਾਰ ਲੰਘਣ-ਜੋਗੇ ਹੋ ਜਾਂਦੇ ਹਨ। ਪਰਮਾਤਮਾ ਦੇ ਗੁਣ ਗਾਂਦਿਆਂ ਸਾਰੀਆਂ ਇੱਛਾਂ ਪੂਰੀਆਂ ਹੋ ਜਾਂਦੀਆਂ ਹਨ। ਹੇ ਨਾਨਕ ! ਜਿਹੜਾ ਪਰਮਾਤਮਾ ਸਭ ਜੀਵਾਂ ਦਾ ਮਾਲਕ ਹੈ, ਉਸ ਦਾ ਨਾਮ ਜਪ ਕੇ ਜੀਵ ਵਿਕਾਰਾਂ ਤੋਂ ਬਚ ਜਾਂਦੇ ਹਨ। ੩।

ਰਸ ਭਿੰਨਿਅੜੇ ਅਪੁਨੇ ਰਾਮ ਸੰਗੇ ਸੇ ਲੋਇਣ ਨੀਕੇ ਰਾਮ ॥ ਪ੍ਰਭ ਪੇਖਤ ਇਛਾ ਪੁੰਨੀਆ ਮਿਲਿ ਸਾਜਨ ਜੀ ਕੇ ਰਾਮ ॥ ਅੰਮ੍ਰਿਤ ਰਸੁ ਹਰਿ ਪਾਇਆ ਬਿਖਿਆ ਰਸ ਫੀਕੇ ਰਾਮ ॥ ਨਾਨਕ ਜਲੁ ਜਲਹਿ ਸਮਾਇਆ ਜੋਤੀ ਜੋਤਿ ਮੀਕੇ ਰਾਮ ॥੪॥੨॥੫॥੯॥ [ਪੰਨਾ ੮੪੮]

ਪਦ ਅਰਥ :—ਭਿੰਨਿਅੜੇ—ਭਿੱਜੇ ਹੋਏ। ਸੰਗੇ—ਨਾਲ। ਸੇ—ਉਹ [ਬਹੁ ਵਚਨ]। ਲੋਇਣ—ਅੱਖਾਂ। ਨੀਕੇ—ਸੋਹਣੇ। ਪੇਖਤ—ਵੇਖਦਿਆਂ। ਪੁੰਨੀਆ—ਪੂਰੀ ਹੋ ਜਾਂਦੀ ਹੈ। ਮਿਲਿ—ਮਿਲ ਕੇ। ਜੀ ਕੇ—ਜਿੰਦ ਦੇ। ਸਾਜਨ ਜੀ ਕੇ—ਜਿੰਦ ਦੇ ਸੱਜਣ ਨੂੰ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਬਿਖਿਆ ਰਸ—ਮਾਇਆ ਦੇ ਸੁਆਦ। ਫੀਕੇ—ਬੇ-ਸੁਆਦੇ। ਜਲਹਿ—ਜਲ ਵਿਚ। ਮੀਕੇ—ਇਕ-ਮਿਕ। ੪।

ਅਰਥ :—ਹੇ ਭਾਈ ! ਉਹ ਅੱਖਾਂ ਹੀ ਸੋਹਣੀਆਂ ਹਨ, ਜਿਹੜੀਆਂ ਪਰਮਾਤਮਾ ਦੇ ਨਾਮ-ਰਸ ਨਾਲ ਭਿੱਜੀਆਂ ਰਹਿੰਦੀਆਂ ਹਨ। ਹੇ ਭਾਈ ! ਜਿੰਦ ਦੇ ਸੱਜਣ ਪ੍ਰਭੂ ਨੂੰ ਮਿਲ ਕੇ ਪ੍ਰਭੂ ਦਾ ਦਰਸ਼ਨ ਕਰਦਿਆਂ ਹਰੇਕ ਇੱਛਾ ਪੂਰੀ ਹੋ ਜਾਂਦੀ ਹੈ।

ਜਿਸ ਮਨੁੱਖ ਨੇ ਪਰਮਾਤਮਾ ਦਾ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪ੍ਰਾਪਤ ਕਰ ਲਿਆ, ਉਸ ਨੂੰ ਮਾਇਆ ਦੇ ਸਾਰੇ ਸੁਆਦ ਫਿੱਕੇ ਜਾਪਦੇ ਹਨ। ਹੇ ਨਾਨਕ ! (ਨਾਮ-ਰਸ ਪ੍ਰਾਪਤ ਕਰ ਲੈਣ ਵਾਲੇ ਦੀ) ਜਿੰਦ ਪਰਮਾਤਮਾ ਦੀ ਜੋਤਿ ਵਿਚ (ਇਉਂ) ਇਕ-ਮਿਕ ਹੋ ਜਾਂਦੀ ਹੈ, (ਜਿਵੇਂ) ਪਾਣੀ ਪਾਣੀ ਵਿਚ ਰਲ ਜਾਂਦਾ ਹੈ।੪।੨।੫।੯।

ਛੰਤਾਂ ਦਾ ਵੇਰਵਾ :—

ਮਹਲਾ ੧——੨

ਮਹਲਾ ੪——੨

ਮਹਲਾ ੫——੫

————

ਜੋੜ——੯

————

ੴ ਸਤਿਗੁਰ ਪ੍ਰਸਾਦਿ ॥

ਬਿਲਾਵਲ ਕੀ ਵਾਰ ਦਾ

ਪਉੜੀ-ਵਾਰ ਭਾਵ

੧. ਸਾਰਾ ਜਗਤ ਪਰਮਾਤਮਾ ਨੇ ਆਪ ਪੈਦਾ ਕੀਤਾ ਹੈ, ਤੇ ਆਪ ਹੀ ਹਰ ਥਾਂ ਸਭ ਜੀਵਾਂ ਵਿਚ ਮੌਜੂਦ ਹੈ।ਜਿਹੜਾ ਮਨੁੱਖ ਸਰਬ-ਵਿਆਪਕ ਪ੍ਰਭੂ ਦਾ ਸਿਮਰਨ ਕਰਦਾ ਹੈ ਉਹ ਉਸ ਦੇ ਨਾਮ ਵਿਚ ਲੀਨ ਰਹਿ ਕੇ ਆਤਮਕ ਆਨੰਦ ਮਾਣਦਾ ਹੈ।

੨. ਉਹ ਸਰਬ-ਵਿਆਪਕ ਪਰਮਾਤਮਾ ਆਪਣੇ ਭਗਤਾਂ ਨਾਲ ਪਿਆਰ ਕਰਦਾ ਹੈ, ਹਰ ਥਾਂ ਹਰ ਵੇਲੇ ਭਗਤਾਂ ਦਾ ਸਾਖੀ ਬਣਿਆ ਰਹਿੰਦਾ ਹੈ।ਭਗਤ ਉਸ ਨੂੰ ਆਪਣੇ ਹਿਰਦੇ ਵਿਚ ਵਸਾ ਕੇ ਆਨੰਦ ਮਾਣਦੇ ਹਨ।

੩. ਪਰ ਉਸ ਪਰਮਾਤਮਾ ਦਾ ਸਿਮਰਨ ਗੁਰੂ ਦੀ ਰਾਹੀਂ ਹੀ ਕੀਤਾ ਜਾ ਸਕਦਾ ਹੈ।ਜਿਹੜਾ ਮਨੁੱਖ ਆਪਣਾ ਦਿਲ ਗੁਰੂ ਅੱਗੇ ਖੋਹਲ ਕੇ ਰੱਖਦਾ ਹੈ ਉਹ ਹਰ ਕਿਸਮ ਦਾ ਆਨੰਦ ਪ੍ਰਾਪਤ ਕਰਦਾ ਹੈ,ਉਸ ਦੀ ਮਾਇਆ ਦੀ ਤ੍ਰਿਸਨਾ ਮਿਟ ਜਾਂਦੀ ਹੈ। ਚੰਗੇ ਭਾਗਾਂ ਨਾਲ ਹੀ ਨਾਮ ਸਿਮਰਨ ਦੀ ਦਾਤਿ ਲੱਭਦੀ ਹੈ।

੪. ਪਰਮਾਤਮਾ ਦਾ ਨਾਮ ਜਪਾਣ ਦਾ ਗੁਣ ਗੁਰੂ ਵਿਚ ਪਰਮਾਤਮਾ ਨੇ ਆਪ ਹੀ ਟਿਕਾ ਰੱਖਿਆ ਹੈ। ਗੁਰੂ ਦੀ ਸੋਭਾ ਦਿਨੋ ਦਿਨ ਵਧਦੀ ਹੈ। ਨਿੰਦਕ ਗੁਰੂ ਦੀ ਸੋਭਾ ਵੇਖ ਕੇ ਜਰ ਨਹੀਂ ਸਕਦੇ। ਪਰ ਉਹ ਗੁਰੂ ਦਾ ਕੁਝ ਵਿਗਾੜ ਨਹੀਂ ਸਕਦੇ।

੫. ਇਸ ਲੋਕ ਵਿਚ ਪਰਲੋਕ ਵਿਚ ਹਰ ਥਾਂ ਪਰਮਾੜਮਾ ਆਪ ਮੌਜੂਦ ਹੈ। ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਉਸ ਦਾ ਨਾਮ ਸਿਮਰਦੇ ਹਨ ਉਹਨਾਂ ਨੂੰ ਲੋਕ ਪਰਲੋਕ ਵਿਚ ਆਦਰ ਮਿਲਦਾ ਹੈ,ਸੁਖ ਮਿਲਦਾ ਹੈ। ਮਾਇਆ ਦੇ ਮੋਹ ਵਿਚ ਫਸੇ ਜੀਵਾਂ ਨੂੰ ਹਰ ਥਾਂ ਫਿਟਕਾਰ ਹੀ ਪੈਂਦੀ ਹੈ।

੬. ਦੁਨੀਆਂ ਦੇ ਰਾਜੇ ਪਾਤਿਸ਼ਾਹ ਭੀ ਪਰਮਾਤਮਾ ਦੇ ਪੈਦਾ ਕੀਤੇ ਹੋਏ ਹਨ, ਤੇ ਪਰਮਾਤਮਾ ਦੇ ਦਰ ਦੇ ਹੀ ਮੰਗਤੇ ਹਨ । ਇਤਨੀ ਸਮਰਥਾ ਵਾਲਾ ਪ੍ਰਭੂ ਸਦਾ ਗੁਰੂ ਦਾ ਪੱਖ ਕਰਦਾ ਹੈ। ਵੱਡੇ ਵੱਡੇ ਰਾਜੇ ਮਹਾਰਾਜੇ ਭੀ ਪਰਮਾਤਮਾ ਨੇ ਗੁਰੂ ਦੇ ਦਰ ਦੇ ਗੋਲੇ ਬਣਾਏ ਹੋਏ ਹਨ। ਜਿਹੜਾ ਮਨੁੱਖ ਉਸ ਪ੍ਰਭੂ ਦਾ ਸਿਮਰਨ ਕਰਦਾ ਹੈ ਉਸ ਦੇ ਅੰਦਰੋਂ ਕਾਮਾਦਿਕ ਸਾਰੇ ਵੈਰੀ ਉਹ ਮਾਰ ਮੁਕਾਂਦਾ ਹੈ।

੭. ਉਹੀ ਮਨੁਖ ਵੱਡਾ ਸ਼ਾਹੂਕਾਰ ਹੈ ਜਿਸ ਨੂੰ ਪਰਮਾਤਮਾ ਨੇ ਆਪਣਾ ਨਾਮ-ਧਨ ਦਿੱਤਾ ਹੈ।ਸਾਰਾ ਜਗਤ ਉਸ ਭਗਤ ਦੇ ਦਰ ਤੇ ਮੰਗਤਾ ਹੁੰਦਾ ਹੈ। ਜਿਨ੍ਹਾਂ ਦੇ ਪੱਲੇ ਨਾਮ-

ਧਨ ਹੈ ਉਹ ਕਿਸੇ ਦੇ ਮੁਥਾਜ ਨਹੀਂ ਰਹਿੰਦੇ।

੮. ਇਹ ਨਾਮ-ਧਨ ਗੁਰੂ ਪਾਸੋਂ ਹੀ ਮਿਲਦਾ ਹੈ। ਜਿਹੜੇ ਮਨੁੱਖ ਇਸ ਧਨ ਤੋਂ ਵਾਂਜੇ ਰਹਿੰਦੇ ਹਨ ਉਹ ਹਾਰੇ ਹੋਏ ਜਵਾਰੀਏ ਵਾਂਗ ਆਪਣਾ ਜੀਵਨ ਅਜਾਈਂ ਗਵਾ ਜਾਂਦੇ ਹਨ।

੯. ਇਸ ਨਾਮ-ਧਨ ਉਤੇ ਕਿਸੇ ਦਾ ਕੋਈ ਜੱਦੀ ਹੱਕ ਨਹੀਂ ਹੁੰਦਾ, ਕਿਸੇ ਭੀ ਪਾਸ ਇਸ ਦੀ ਮਲਕੀਅਤ ਦਾ ਪਟਾ ਨਹੀਂ ਹੁੰਦਾ। ਸਿਰਫ਼ ਸਤਿਗੁਰੂ ਹੀ ਇਹ ਹਰਿ-ਧਨ ਪਰਮਾਤਮਾ ਪਾਸੋਂ ਦਿਵਾ ਸਕਦਾ ਹੈ।

੧੦. ਪਰਮਾਤਮਾ ਨੇ ਗੁਰੂ ਦੀ ਰਾਹੀਂ ਹੀ ਸਾਰੇ ਸੰਸਾਰ ਨੂੰ ਆਪਣੇ ਨਾਮ ਦੀ ਬਖ਼ਸ਼ਸ਼ ਕੀਤੀ ਹੈ। ਗੁਰੂ ਹੀ ਨਾਮ ਦੀ ਦਾਤਿ ਦੇਣ ਦੇ ਸਮਰੱਥ ਹੈ। ਜਿਹੜਾ ਮਨੁੱਖ ਗੁਰੂ ਉਤੇ ਸਰਧਾ ਲਿਆਉਂਦਾ ਹੈ, ਉਸ ਦਾ ਜੀਵਨ ਸਫਲ ਹੋ ਜਾਂਦਾ ਹੈ। ਆਤਮਕ ਖ਼ੁਰਾਕ ਗੁਰੂ ਦੇ ਦਰ ਤੋਂ ਹੀ ਮਿਲਦੀ ਹੈ।

੧੧. ਗੁਰੂ ਨੇ ਜਿਸ ਮਨੁੱਖ ਦੇ ਮਨ ਵਿਚੋਂ ਭਟਕਣਾ ਦੂਰ ਕੀਤੀ, ਉਸ ਦੇ ਅੰਦਰੋਂ ਕਾਮਾਦਿਕ ਸਾਰੇ ਵੈਰੀ ਮੁੱਕ ਗਏ, ਉਸ ਨੇ ਹਰਿ-ਨਾਮ ਮਨ ਵਿਚ ਵਸਾ ਲਿਆ, ਤੇ, ਉਸ ਨੇ ਸਾਧ ਸੰਗਤਿ ਵਿਚ ਟਿਕ ਕੇ ਆਪਣਾ ਜੀਵਨ ਸਫਲਾ ਕਰ ਲਿਆ।

੧੨. ਗੁਰੂ ਦਾ ਉਪਦੇਸ਼ ਸਾਰੇ ਜਗਤ ਵਿਚ ਪ੍ਰਭਾਵ ਪਾਂਦਾ ਹੈ।ਗੁਰੂ ਹੀ ਪਰਮਾਤਮਾ ਦੇ ਬੇਅੰਤ ਗੁਣਾਂ ਦੀ ਸੂਝ ਬਖ਼ਸ਼ਦਾ ਹੈ। ਪਰਮਾਤਮਾ ਦਾ ਨਾਮ, ਆਤਮਕ ਅਡੋਲਤਾ, ਆਤਮਕ ਆਨੰਦ—ਇਹ ਗੁਰੂ ਪਾਸੋਂ ਹੀ ਮਿਲਦੇ ਹਨ।

੧੩. ਗੁਰੂ ਬੜਾ ਹੀ ਉਦਾਰ-ਚਿੱਤ ਹੈ। ਸਰਨ-ਪਏ ਨਿੰਦਕ ਦੇ ਭੀ ਔਗਣ ਬਖ਼ਸ਼ ਕੇ ਉਸ ਨੂੰ ਸਾਧ ਸੰਗਤਿ ਵਿਚ ਜੋੜ ਦੇਂਦਾ ਹੈ। ਸੋ, ਜਿਹੜਾ ਭੀ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਹਰ ਥਾਂ ਆਦਰ-ਮਾਣ ਪ੍ਰਾਪਤ ਕਰਦਾ ਹੈ।

ਮੁੱਖ ਭਾਵ :—ਸਭ ਤਾਕਤਾਂ ਦੇ ਮਾਲਕ ਤੇ ਸਰਬ-ਵਿਆਪਕ ਪਰਮਾਤਮਾ ਦੇ ਨਾਮ ਦੀ ਦਾਤਿ ਗੁਰੂ ਪਾਸੋਂ ਹੀ ਮਿਲਦੀ ਹੈ। ਵੱਡੇ ਵੱਡੇ ਦੁਨੀਆਦਾਰ ਸਭ ਗੁਰੂ ਦੇ ਦਰ ਦੇ ਮੰਗਤੇ ਹਨ। ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਨੂੰ ਨਾਮ-ਧਨ ਮਿਲਦਾ ਹੈ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਉਸ ਦੇ ਅੰਦਰੋਂ ਸਾਰੇ ਵਿਕਾਰ ਦੂਰ ਹੋ ਜਾਂਦੇ ਹਨ, ਸਾਰੇ ਜਗਤ ਵਿਚ ਉਸ ਨੂੰ ਆਦਰ-ਮਾਣ ਹਾਸਲ ਹੁੰਦਾ ਹੈ, ਉਸ ਦੀ ਜ਼ਿੰਦਗੀ ਸਫਲ ਹੋ ਜਾਂਦੀ ਹੈ।

ਵਾਰ ਦੀ ਬਣਤਰ

ਇਹ ਵਾਰ ਗੁਰੂ ਰਾਮਦਾਸ ਜੀ ਦੀ ਉਚਾਰੀ ਹੋਈ ਹੈ, ਇਸ ਵਿਚ ੧੩ ਪਉੜੀਆਂ ਹਨ ਤੇ ੨੭ ਸਲੋਕ ਹਨ। ਹਰੇਕ ਪਉੜੀ ਦੇ ਨਾਲ ਦੋ ਦੋ ਸਲੋਕ ਹਨ, ਸਿਰਫ਼ ਪਉੜੀ

ਨੰ: ੭ ਨਾਲ ੩ ਸਲੋਕ ਹਨ। ਸਲੋਕਾਂ ਦਾ ਵੇਰਵਾ ਇਉਂ ਹੈ :-

ਗੁਰੂ ਰਾਮਦਾਸ ਜੀ-੧

ਗੁਰੂ ਨਾਨਕ ਸਾਹਿਬ-੨

ਗੁਰੂ ਅਮਰਦਾਸ ਜੀ-੨੪

ਜਿਸ ਸਤਿਗੁਰੂ ਜੀ ਦੀ ਉਚਾਰੀ ਹੋਈ ਇਹ ਵਾਰ ਹੈ, ਉਹਨਾਂ ਦਾ ਸਲੋਕ ਸਿਰਫ਼ ਇੱਕ ਹੀ ਹੈ, ਜੋ ਪਹਿਲੀ ਹੀ ਪਉੜੀ ਨਾਲ ਦਰਜ ਹੈ; ਗੁਰੂ ਨਾਨਕ ਦੇਵ ਜੀ ਦੇ ਦੋਵੇਂ ਸਲੋਕ ਪਉੜੀ ਨੰ: ੧੧ ਨਾਲ ਦਰਜ ਹਨ।

ਹਰੇਕ ਪਉੜੀ ਵਿਚ ਪੰਜ ਪੰਜ ਤੁਕਾਂ ਹਨ, ਸਿਰਫ਼ ਪਉੜੀ ਨੰ: ੧੦ ਵਿਚ ੬ ਤੁਕਾਂ ਹਨ; ਪਰ ਤੁਕਾਂ ਦੀ ਲੰਮਾਈ ਇਕੋ ਜਿਹੀ ਨਹੀਂ ਹੈ, ਕਈ ਪਉੜੀਆਂ ਵਿਚ ਕਈ ਤੁਕਾਂ ਬਹੁਤ ਹੀ ਲੰਮੀਆਂ ਹਨ; ਵੇਖੋ ਪਉੜੀ ਨੰ: ੬, ੯, ਤੇ ੧੩।

ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅਖ਼ੀਰ ਵਿਚ ਜੋ ਸਲੋਕ ਦਰਜ ਹਨ, ਉਹਨਾਂ ਦਾ ਸਿਰ-ਲੇਖ ਹੈ "ਸਲੋਕ ਵਾਰਾਂ ਤੇ ਵਧੀਕ"। ਇਹ 'ਸਿਰ-ਲੇਖ' ਗੁਰੂ ਗ੍ਰੰਥ ਸਾਹਿਬ ਦੀ ਬੀੜ ਤਿਆਰ ਕਰਨ ਵੇਲੇ ਸ੍ਰੀ ਗੁਰੂ ਅਰਜਨ ਸਾਹਿਬ ਨੇ ਲਿਖਾਇਆ;ਇਸ ਸਿਰ-ਲੇਖ ਤੋਂ ਇਹ ਸਾਫ਼ ਜ਼ਾਹਰ ਹੈ ਕਿ 'ਵਾਰਾਂ' ਦੇ ਨਾਲ ਜੋ ਸਲੋਕ ਦਰਜ ਹਨ, ਇਹ ਗੁਰੂ ਅਰਜਨ ਸਾਹਿਬ ਨੇ ਦਰਜ ਕੀਤੇ।

ਸੋ, ਬਿਲਾਵਲ ਰਾਗ ਦੀ ਇਹ 'ਵਾਰ' ਭੀ ਗੁਰੂ ਰਾਮਦਾਸ ਜੀ ਨੇ ਸਿਰਫ਼ "ਪਉੜੀਆਂ" ਦੀ ਸ਼ਕਲ ਵਿਚ ਹੀ ਉਚਾਰੀ ਸੀ, ਨਾਲ ਦੇ ੨੭ ਸਲੋਕ ਬੀੜ ਤਿਆਰ ਕਰਨ ਵੇਲੇ ਗੁਰੂ ਅਰਜਨ ਸਾਹਿਬ ਨੇ ਦਰਜ ਕੀਤੇ।

ਬਿਲਾਵਲ ਕੀ ਵਾਰ ਮਹਲਾ ੪

ੴ ਸਤਿਗੁਰਪ੍ਰਸਾਦਿ ॥ ਸਲੋਕ ਮ: ੪ ॥ ਹਰਿ ਉਤਮੁ ਹਰਿ ਪ੍ਰਭੁ ਗਾਵਿਆ ਕਰਿ ਨਾਦੁ ਬਿਲਾਵਲੁ ਰਾਗੁ ॥ ਉਪਦੇਸੁ ਗੁਰੂ ਸੁਣਿ ਮੰਨਿਆ ਧੁਰਿ ਮਸਤਕਿ ਪੂਰਾ ਭਾਗੁ ॥ ਸਭ ਦਿਨਸੁ ਰੈਣਿ ਗੁਣ ਉਚਰੈ ਹਰਿ ਹਰਿ ਹਰਿ ਉਰਿ ਲਿਵ ਲਾਗੁ॥ ਸਭੁ ਤਨੁ ਮਨੁ ਹਰਿਆ ਹੋਇਆ ਮਨੁ ਖਿੜਿਆ ਹਰਿਆ ਬਾਗੁ॥ਅਗਿਆਨੁ ਅੰਧੇਰਾ ਮਿਟਿ ਗਇਆ ਗੁਰ ਚਾਨਣੁ ਗਿਆਨੁ ਚਰਾਗੁ॥ ਜਨੁ ਨਾਨਕੁ ਜੀਵੈ ਦੇਖਿ ਹਰਿ ਇਕ ਨਿਮਖ ਘੜੀ ਮੁਖਿ ਲਾਗੁ ॥ ੧ ॥ [ਪੰਨਾ ੮੪੯]

ਪਦ ਅਰਥ:-ਨਾਦੁ-ਗੁਰੂ ਦਾ ਸ਼ਬਦ। ਨਾਦੁ ਬਿਲਾਵਲੁ ਰਾਗੁ-ਗੁਰੂ ਦਾ ਸ਼ਬਦ-ਰੂਪ ਬਿਲਾਵਲੁ ਰਾਗ। ਕਰਿ-ਕਰ ਕੇ, ਉਚਾਰ ਕੇ। ਸੁਣਿ-ਸੁਣ ਕੇ। ਧੁਰਿ-ਧੁਰ ਤੋਂ, ਮੁੱਢ ਤੋਂ। ਮਸਤਕਿ-ਮੱਥੇ ਉਤੇ।

ਰੈਣਿ-ਰਾਤ। ਉਰਿ-ਹਿਰਦੇ ਵਿਚ। ਦੇਖਿ-ਵੇਖ ਕੇ। ਨਿਮਖ-ਅੱਖ ਝਮਕਣ ਜਿਤਨਾ ਸਮਾ। ਮੁਖਿ ਲਾਗੁ-ਮੂੰਹ ਲੱਗੇ, ਦਰਸ਼ਨ ਦੇਵੇ। ੧।

ਅਰਥ :-ਹੇ ਭਾਈ !(ਪਿਛਲੇ ਕੀਤੇ ਕਰਮਾਂ ਅਨੁਸਾਰ)ਜਿਸ ਮਨੁੱਖ ਦੇ ਮੱਥੇ ਉਤੇ ਧੁਰ ਤੋਂ ਹੀ ਪੂਰਨ ਭਾਗ ਹੈ, (ਜਿਸ ਦੇ ਹਿਰਦੇ ਵਿਚ ਪੂਰਨ ਭਲੇ ਸੰਸਕਾਰਾਂ ਦਾ ਲੇਖ ਉੱਘੜਦਾ ਹੈ) ਉਸ ਨੇ ਗੁਰੂ ਦਾ ਸ਼ਬਦ-ਰੂਪ ਬਿਲਾਵਲ ਰਾਗ ਉਚਾਰ ਕੇ ਸਭ ਤੋਂ ਸ੍ਰੇਸ਼ਟ ਪਰਮਾਤਮਾ ਦੇ ਗੁਣ ਗਾਏ ਹਨ, ਉਸ ਨੇ ਸਤਿਗੁਰੂ ਦਾ ਉਪਦੇਸ਼ ਸੁਣ ਕੇ ਹਿਰਦੇ ਵਿਚ ਵਸਾਇਆ ਹੈ।

ਉਹ ਮਨੁੱਖ ਸਾਰਾ ਦਿਨ ਤੇ ਸਾਰੀ ਰਾਤ(ਅੱਠੇ ਪਹਿਰ)ਪਰਮਾਤਮਾ ਦੇ ਗੁਣ ਗਾਂਦਾ ਹੈ (ਕਿਉਂਕਿ ਉਸ ਦੇ) ਹਿਰਦੇ ਵਿਚ ਪਰਮਾਤਮਾ ਦੀ ਯਾਦ ਦੀ ਲਗਨ ਲੱਗੀ ਰਹਿੰਦੀ ਹੈ। ਉਸ ਦਾ ਸਾਰਾ ਤਨ ਸਾਰਾ ਮਨ ਹਰਾ-ਭਰਾ ਹੋ ਜਾਂਦਾ ਹੈ (ਆਤਮਕ ਜੀਵਨ ਦੇ ਰਸ ਨਾਲ ਭਰ ਜਾਂਦਾ ਹੈ), ਉਸ ਦਾ ਮਨ (ਇਉਂ) ਖਿੜ ਪੈਂਦਾ ਹੈ (ਜਿਵੇਂ) ਹਰਾ ਹੋਇਆ ਹੋਇਆ ਬਾਗ਼ ਹੈ।

ਗੁਰੂ ਦੀ ਦਿੱਤੀ ਹੋਈ ਆਤਮਕ ਜੀਵਨ ਦੀ ਸੂਝ (ਉਸ ਦੇ ਅੰਦਰ, ਮਾਨੋ) ਦੀਵਾ ਰੌਸ਼ਨੀ ਕਰ ਦੇਂਦਾ ਹੈ (ਜਿਸ ਦੀ ਬਰਕਤ ਨਾਲ ਉਸ ਦੇ ਅੰਦਰੋਂ)ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਮਿਟ ਜਾਂਦਾ ਹੈ। ਹੇ ਹਰੀ ! (ਤੇਰਾ) ਦਾਸ ਨਾਨਕ (ਅਜੇਹੇ ਗੁਰਮੁਖਿ ਮਨੁੱਖ ਨੂੰ) ਵੇਖ ਕੇ ਆਤਮਕ ਜੀਵਨ ਹਾਸਲ ਕਰਦਾ ਹੈ (ਤੇ, ਚਾਹੁੰਦਾ ਹੈ ਕਿ) ਭਾਵੇਂ ਇਕ ਪਲ-ਭਰ ਹੀ ਉਸ ਦਾ ਦਰਸ਼ਨ ਹੋਵੇ। ੧।

ਮ: ੩ ॥ ਬਿਲਾਵਲੁ ਤਬ ਹੀ ਕੀਜੀਐ ਜਬ ਮੁਖਿ ਹੋਵੈ ਨਾਮੁ॥ ਰਾਗ ਨਾਦ ਸਬਦਿ ਸੋਹਣੇ ਜਾ ਲਾਗੈ ਸਹਜਿ ਧਿਆਨੁ ॥ ਰਾਗ ਨਾਦ ਛੋਡਿ ਹਰਿ ਸੇਵੀਐ ਤਾ ਦਰਗਹ ਪਾਈਐ ਮਾਨੁ ॥ ਨਾਨਕ ਗੁਰਮੁਖਿ ਬ੍ਰਹਮੁ ਬੀਚਾਰੀਐ ਚੂਕੈ ਮਨਿ ਅਭਿਮਾਨੁ ॥ ੨ ॥ [ਪੰਨਾ ੮੪੯]

ਪਦ ਅਰਥ :-ਬਿਲਾਵਲੁ-ਪੂਰਨ ਖਿੜਾਉ, ਆਤਮਕ ਆਨੰਦ। ਕੀਜੀਐ-ਕੀਤਾ ਜਾ ਸਕਦਾ ਹੈ, ਮਾਣਿਆ ਜਾ ਸਕਦਾ ਹੈ। ਮੁਖਿ-ਮੂੰਹ ਵਿਚ। ਸਬਦਿ-ਗੁਰੂ ਦੇ ਸ਼ਬਦ ਦੀ ਰਾਹੀਂ। ਜਾ-ਜਦੋਂ। ਸਹਜਿ-ਆਤਮਕ ਅਡੋਲਤਾ ਵਿਚ। ਧਿਆਨੁ-ਸੁਰਤਿ। ਸੇਵੀਐ-ਸਿਮਰਨ ਕਰੀਏ। ਪਾਈਐ-ਪਾਈਦਾ ਹੈ। ਮਨਿ-ਮਨ ਵਿਚ (ਟਿਕਿਆ ਹੋਇਆ)।ਗੁਰਮੁਖਿ-ਗੁਰੂ ਦੇ ਸਨਮੁਖ ਹੋ ਕੇ। ਬੀਚਾਰੀਐ-ਮਨ ਵਿਚ ਟਿਕਾਈਏ।੨।

ਅਰਥ :–ਹੇ ਭਾਈ ! ਪੂਰਨ ਆਤਮਕ ਆਨੰਦ ਤਦੋਂ ਹੀ ਮਾਣਿਆ ਜਾ ਸਕਦਾ ਹੈ, ਜਦੋਂ ਪਰਮਾਤਮਾ ਦਾ ਨਾਮ (ਮਨੁੱਖ ਦੇ) ਮੂੰਹ ਵਿਚ ਟਿਕਦਾ ਹੈ। ਹੇ ਭਾਈ ! ਰਾਗ ਤੇ ਨਾਦ (ਭੀ) ਗੁਰੂ ਦੇ ਸ਼ਬਦ ਦੀ ਰਾਹੀਂ ਤਦੋਂ ਹੀ ਸੋਹਣੇ ਲੱਗਦੇ ਹਨ ਜਦੋਂ (ਸ਼ਬਦ ਦੀ ਬਰਕਤ ਨਾਲ ਮਨੁੱਖ ਦੀ) ਸੁਰਤਿ ਆਤਮਕ ਅਡੋਲਤਾ ਵਿਚ ਟਿਕੀ ਰਹਿੰਦੀ ਹੈ। ਹੇ ਭਾਈ ! (ਸੰਸਾਰਕ) ਰਾਗ ਰੰਗ (ਦਾ ਰਸ) ਛੱਡ ਕੇ ਪਰਮਾਤਮਾ ਦੀ ਭਗਤੀ ਕਰਨੀ ਚਾਹੀਦੀ ਹੈ, ਤਦੋਂ ਹੀ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਮਿਲਦਾ ਹੈ। ਹੇ ਨਾਨਕ ! (ਆਖ–) ਜੇ ਗੁਰੂ ਦੇ ਸਨਮੁਖ ਹੋ ਕੇ ਪਰਮਾਤਮਾ ਦੀ ਯਾਦ ਮਨ ਵਿਚ ਟਿਕਾਈਏ, ਤਾਂ ਮਨ ਵਿਚ (ਟਿਕਿਆ ਹੋਇਆ) ਅਹੰਕਾਰ ਦੂਰ ਹੋ ਜਾਂਦਾ ਹੈ। ੨।

ਪਉੜੀ ॥ ਤੂ ਹਰਿ ਪ੍ਰਭੁ ਆਪਿ ਅਗੰਮੁ ਹੈ ਸਭਿ ਤੁਧੁ ਉਪਾਇਆ ॥ ਤੂ ਆਪੇ ਆਪਿ ਵਰਤਦਾ ਸਭੁ ਜਗਤੁ ਸਬਾਇਆ ॥ ਤੁਧੁ ਆਪੇ ਤਾੜੀ ਲਾਈਐ ਆਪੇ ਗੁਣ ਗਾਇਆ ॥ ਹਰਿ ਧਿਆਵਹੁ ਭਗਤਹੁ ਦਿਨਸੁ ਰਾਤਿ ਅੰਤਿ ਲਏ ਛਡਾਇਆ॥ ਜਿਨਿ ਸੇਵਿਆ ਤਿਨਿ ਸੁਖੁ ਪਾਇਆ ਹਰਿਨਾਮਿ ਸਮਾਇਆ ॥ ੧ ॥ [ਪੰਨਾ ੮੪੯]

ਪਦ ਅਰਥ :–ਹਰਿ–ਹੇ ਹਰੀ ! ਪ੍ਰਭੁ–(ਸਭ ਜੀਵਾਂ ਦਾ) ਮਾਲਕ । ਅਗੰਮੁ–ਅਪਹੁੰਚ, ਜੀਵਾਂ ਦੀ ਪਹੁੰਚ ਤੋਂ ਪਰੇ । ਸਭਿ–ਸਾਰੇ (ਜੀਵ) । ਤੁਧੁ–ਤੂੰ ਹੀ । ਵਰਤਦਾ–ਮੌਜੂਦ ਹੈਂ । ਸਭੁ–ਸਾਰਾ । ਸਬਾਇਆ–ਸਾਰਾ । ਤਾੜੀ–ਸਮਾਧੀ । ਭਗਤਹੁ–ਹੇ ਸੰਤ ਜਨੋ ! ਅੰਤਿ–ਅਖ਼ੀਰ ਤੇ । ਜਿਨਿ–ਜਿਸ (ਮਨੁੱਖ) ਨੇ। ਸੇਵਿਆ–ਸਿਮਰਿਆ।ਤਿਨਿ–ਉਸ (ਮਨੁੱਖ) ਨੇ । ਨਾਮਿ–ਨਾਮ ਵਿਚ । ੧ ।

ਅਰਥ :–ਹੇ ਹਰੀ ! ਤੂੰ ਆਪ ਹੀ (ਸਭ ਜੀਵਾਂ ਦਾ) ਮਾਲਕ ਹੈਂ, ਸਾਰੇ ਜੀਵ ਤੂੰ ਹੀ ਪੈਦਾ ਕੀਤੇ ਹੋਏ ਹਨ, ਪਰ ਤੂੰ ਜੀਵਾਂ ਦੀ ਪਹੁੰਚ ਤੋਂ ਪਰੇ ਹੈਂ । (ਇਹ ਜੋ) ਸਾਰਾ ਜਗਤ (ਦਿੱਸ ਰਿਹਾ) ਹੈ (ਇਸ ਵਿਚ ਹਰ ਥਾਂ) ਤੂੰ ਆਪ ਹੀ ਆਪ ਵਿਆਪਕ ਹੈਂ ! (ਸਾਰੇ ਜੀਵਾਂ ਵਿਚ ਵਿਆਪਕ ਹੋ ਕੇ) ਸਮਾਧੀ ਭੀ ਤੂੰ ਆਪ ਹੀ ਲਾ ਰਿਹਾ ਹੈਂ, ਤੇ (ਆਪਣੇ) ਗੁਣ ਭੀ ਤੂੰ ਆਪ ਹੀ ਗਾ ਰਿਹਾ ਹੈਂ ।

ਹੇ ਸੰਤ ਜਨੋ ! ਦਿਨ ਰਾਤ (ਹਰ ਵੇਲੇ) ਪਰਮਾਤਮਾ ਦਾ ਧਿਆਨ ਧਰਿਆ ਕਰੋ, ਉਹ ਪਰਮਾਤਮਾ ਹੀ ਅੰਤ ਵਿਚ ਬਚਾਂਦਾ ਹੈ। ਜਿਸ (ਭੀ) ਮਨੁੱਖ ਨੇ ਉਸ ਦੀ ਸੇਵਾ-ਭਗਤੀ ਕੀਤੀ, ਉਸ ਨੇ (ਹੀ) ਸੁਖ ਪ੍ਰਾਪਤ ਕੀਤਾ, (ਕਿਉਂਕਿ ਉਹ ਸਦਾ) ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ। ੧।

ਸਲੋਕ ਮ: ੩ ॥ਦੂਜੈ ਭਾਇ ਬਿਲਾਵਲੁ ਨ ਹੋਵਈ ਮਨਮੁਖਿ ਥਾਇ

ਨ ਪਾਇ ॥ ਪਾਖੰਡਿ ਭਗਤਿ ਨ ਹੋਵਈ ਪਾਰਬ੍ਰਹਮੁ ਨ ਪਾਇਆ ਜਾਇ ॥ ਮਨ ਹਠਿ ਕਰਮ ਕਮਾਵਣੇ ਥਾਇ ਨ ਕੋਈ ਪਾਇ ॥ ਨਾਨਕ ਗੁਰਮੁਖਿ ਆਪੁ ਬੀਚਾਰੀਐ ਵਿਚਹੁ ਆਪੁ ਗਵਾਇ ॥ ਆਪੇ ਆਪਿ ਪਾਰਬ੍ਰਹਮੁ ਹੈ ਪਾਰਬ੍ਰਹਮੁ ਵਸਿਆ ਮਨਿ ਆਇ ॥ ਜੰਮਣੁ ਮਰਣਾ ਕਟਿਆ ਜੋਤੀ ਜੋਤਿ ਮਿਲਾਇ ॥ ੧ ॥ [ਪੰਨਾ ੮੪੯]

ਪਦ ਅਰਥ :—ਭਾਉ—ਪਿਆਰ । ਭਾਇ—ਪਿਆਰ ਵਿਚ । ਦੂਜੈ ਭਾਇ—(ਪਰਮਾਤਮਾ ਨੂੰ ਭੁਲਾ ਕੇ) ਕਿਸੇ ਹੋਰ ਦੇ ਪਿਆਰ ਵਿਚ, ਮਾਇਆ ਦੇ ਮੋਹ ਵਿਚ (ਟਿਕੇ ਰਿਹਾਂ) । ਬਿਲਾਵਲੁ—ਆਤਮਕ ਆਨੰਦ । ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਥਾਇ ਨ ਪਾਇ—ਪਰਵਾਨ ਨਹੀਂ ਹੁੰਦਾ । ਪਾਖੰਡਿ—ਪਖੰਡ ਦੀ ਰਾਹੀਂ । ਮਨ ਹਠਿ—ਮਨ ਦੇ ਹਠ ਨਾਲ । ਕੋਈ—ਕੋਈ ਮਨੁੱਖ । ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਬੀਚਾਰੀਐ—ਪੜਤਾਲਣਾ ਚਾਹੀਦਾ ਹੈ । ਆਪੁ—ਆਪਾ-ਭਾਵ । ਗਵਾਇ—ਦੂਰ ਕਰ ਕੇ । ਮਨਿ—ਮਨ ਵਿਚ । ਮਿਲਾਇ—ਜੋੜ ਕੇ । ਜੋਤੀ—ਪਰਮਾਤਮਾ ਦੀ ਜੋਤਿ ਵਿਚ । ਜੋਤਿ—ਸੁਰਤਿ । ੧ ।

ਅਰਥ :—ਹੇ ਭਾਈ ! ਮਾਇਆ ਦੇ ਮੋਹ ਵਿਚ (ਟਿਕੇ ਰਿਹਾਂ) ਆਤਮਕ ਆਨੰਦ ਨਹੀਂ ਮਿਲਦਾ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਪਰਮਾਤਮਾ ਦੀਆਂ ਨਿਗਾਹਾਂ ਵਿਚ) ਕਬੂਲ ਨਹੀਂ ਹੁੰਦਾ (ਕਿਉਂਕਿ) ਅੰਦਰੋਂ ਹੋਰ ਤੇ ਬਾਹਰੋਂ ਹੋਰ ਰਿਹਾਂ ਪਰਮਾਤਮਾ ਦੀ ਭਗਤੀ ਨਹੀਂ ਹੋ ਸਕਦੀ, ਇਸ ਤਰ੍ਹਾਂ ਪਰਮਾਤਮਾ ਨਹੀਂ ਮਿਲ ਸਕਦਾ । (ਅੰਦਰ ਪ੍ਰਭੂ ਨਾਲ ਪਿਆਰ ਨਾਂਹ ਹੋਵੇ ਤਾਂ ਨਿਰੇ) ਮਨ ਦੇ ਹਠ ਨਾਲ ਕੀਤੇ ਕਰਮਾਂ ਦੀ ਰਾਹੀਂ ਕੋਈ ਮਨੁੱਖ (ਪਰਮਾਤਮਾ ਦੀ ਹਜ਼ੂਰੀ ਵਿਚ) ਪਰਵਾਨ ਨਹੀਂ ਹੁੰਦਾ ।

ਹੇ ਨਾਨਕ ! (ਆਖ—ਹੇ ਭਾਈ !) ਅੰਦਰੋਂ ਆਪਾ-ਭਾਵ ਦੂਰ ਕਰ ਕੇ ਗੁਰੂ ਦੀ ਸਰਨ ਪੈ ਕੇ ਆਪਣਾ ਆਤਮਕ ਜੀਵਨ ਪੜਤਾਲਣਾ ਚਾਹੀਦਾ ਹੈ, (ਇਸ ਤਰ੍ਹਾਂ ਉਹ) ਪਰਮਾਤਮਾ (ਜੋ ਹਰ ਥਾਂ) ਆਪ ਹੀ ਆਪ ਹੈ ਮਨ ਵਿਚ ਆ ਵੱਸਦਾ ਹੈ । ਪਰਮਾਤਮਾ ਦੀ ਜੋਤਿ ਵਿਚ (ਆਪਣੀ) ਸੁਰਤਿ ਜੋੜਿਆਂ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ ।੧।

ਮਃ ੩ ॥ ਬਿਲਾਵਲੁ ਕਰਿਹੁ ਤੁਮ੍ਹ ਪਿਆਰਿਹੋ ਏਕਸੁ ਸਿਉ ਲਿਵ ਲਾਇ ॥ ਜਨਮ ਮਰਣ ਦੁਖੁ ਕਟੀਐ ਸਚੇ ਰਹੈ ਸਮਾਇ ॥ ਸਦਾ ਬਿਲਾਵਲੁ ਅਨੰਦੁ ਹੈ ਜੇ ਚਲਹਿ ਸਤਿਗੁਰ ਭਾਇ ॥ ਸਤਸੰਗਤੀ ਬਹਿ ਭਾਉ ਕਰਿ ਸਦਾ ਹਰਿ ਕੇ ਗੁਣ ਗਾਇ ॥ ਨਾਨਕ ਸੇ ਜਨ ਸੋਹਣੇ ਜਿ ਗੁਰਮੁਖਿ ਮੇਲਿ ਮਿਲਾਇ ॥ ੨ ॥ [ਪੰਨਾ ੮੪੯]

ਪਦ ਅਰਥ :—ਏਕਸੁ ਸਿਉ—ਇੱਕ (ਪਰਮਾਤਮਾ) ਨਾਲ। ਲਿਵ ਲਾਇ—(ਪ੍ਰੇਮ ਦੀ) ਲਗਨ ਲਾ ਕੇ। ਕਟੀਐ—ਕੱਟਿਆ ਜਾਂਦਾ ਹੈ। ਸਚੇ—ਸਦਾ-ਥਿਰ ਪ੍ਰਭੂ ਵਿਚ। ਰਹੈ ਸਮਾਇ—ਲੀਨ ਰਹਿੰਦਾ ਹੈ। ਜਨਮ ਮਰਣ ਦੁਖੁ—ਸਾਰੀ ਉਮਰ ਦਾ ਦੁੱਖ। ਚਲਹਿ—ਤੁਰਦੇ ਹਨ, ਤੁਰਦੇ ਰਹਿਣ। ਸਤਿਗੁਰ ਭਾਇ—ਗੁਰੂ ਦੇ ਅਨੁਸਾਰ, ਗੁਰੂ ਦੀ ਰਜ਼ਾ ਵਿਚ। ਸਤਸੰਗਤੀ ਬਹਿ—ਸਤਸੰਗਤਿ ਵਿਚ ਬੈਠ ਕੇ। ਭਾਉ—ਪਿਆਰ। ਜਿ—ਜਿਹੜੇ [ਲਫ਼ਜ਼ 'ਜੇ' ਅਤੇ 'ਜਿ'ਦਾ ਫ਼ਰਕ ਵੇਖੋ]। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ! ਮੇਲਿ—ਮਿਲਾਪ ਵਿਚ। ੨।

ਅਰਥ :—ਹੇ ਪਿਆਰੇ ਸੱਜਣੋ! ਇੱਕ (ਪਰਮਾਤਮਾ) ਨਾਲ ਸੁਰਤਿ ਜੋੜ ਕੇ ਤੁਸੀ ਆਤਮਕ ਆਨੰਦ ਮਾਣਦੇ ਰਹੋ। (ਜਿਹੜਾ ਮਨੁੱਖ ਇਕ ਪਰਮਾਤਮਾ ਵਿਚ ਸੁਰਤਿ ਜੋੜਦਾ ਹੈ, ਉਸ ਦਾ) ਸਾਰੀ ਉਮਰ ਦਾ ਦੁੱਖ ਕੱਟਿਆ ਜਾਂਦਾ ਹੈ, (ਕਿਉਂਕਿ) ਉਹ ਸਦਾ ਥਿਰ ਰਹਿਣ ਵਾਲੇ ਪ੍ਰਭੂ ਵਿਚ (ਸਦਾ) ਲੀਨ ਰਹਿੰਦਾ ਹੈ।

ਜੇ (ਮਨੁੱਖ) ਸਤਸੰਗਤਿ ਵਿਚ ਬੈਠ ਕੇ ਪਿਆਰ ਨਾਲ ਸਦਾ ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰ ਕੇ ਗੁਰੂ ਦੇ ਹੁਕਮ ਅਨੁਸਾਰ ਜੀਵਨ ਬਿਤੀਤ ਕਰਦੇ ਰਹਿਣ (ਤਾਂ ਉਹਨਾਂ ਦੇ ਅੰਦਰ) ਸਦਾ ਆਤਮਕ ਆਨੰਦ ਬਣਿਆ ਰਹਿੰਦਾ ਹੈ। ਹੇ ਨਾਨਕ! (ਆਖ—ਹੇ ਭਾਈ!) ਜਿਹੜੇ ਮਨੁੱਖ ਗੁਰੂ ਦੇ ਸਨਮੁਖ ਰਹਿ ਕੇ ਪ੍ਰਭੂ ਦੀ ਯਾਦ ਵਿਚ ਟਿਕੇ ਰਹਿੰਦੇ ਹਨ, ਉਹ ਸੋਹਣੇ ਆਤਮਕ ਜੀਵਨ ਵਾਲੇ ਬਣ ਜਾਂਦੇ ਹਨ। ੧।

ਪਉੜੀ ॥ ਸਭਨਾ ਜੀਆ ਵਿਚਿ ਹਰਿ ਆਪਿ, ਸੋ ਭਗਤਾ ਕਾ ਮਿਤੁ ਹਰਿ॥ ਸਭੁ ਕੋਈ ਹਰਿ ਕੈ ਵਸਿ, ਭਗਤਾ ਕੈ ਅਨੰਦੁ ਘਰਿ ॥ ਹਰਿ ਭਗਤਾ ਕਾ ਮੇਲੀ ਸਰਬਤ, ਸਉ ਨਿਸੁਲ ਜਨ ਟੰਗ ਧਰਿ ।। ਹਰਿ ਸਭਨਾ ਕਾ ਹੈ ਖਸਮੁ, ਸੋ ਭਗਤ ਜਨ ਚਿਤਿ ਕਰਿ॥ ਤੁਧੁ ਅਪੜਿ ਕੋਇ ਨ ਸਕੈ, ਸਭ ਝਖਿ ਝਖਿ ਪਵੈ ਝੜਿ॥ ੨ ॥ [ਪੰਨਾ ੮੪੯]

ਪਦ ਅਰਥ :—ਸੋ ਹਰਿ—ਉਹ ਪਰਮਾਤਮਾ। ਸਭੁ ਕੋਈ—ਹਰੇਕ ਜੀਵ। ਕੈ ਵਸਿ—ਦੇ ਵੱਸ ਵਿਚ ਹੈ। ਘਰਿ—ਹਿਰਦੇ-ਘਰ ਵਿਚ। ਸਰਬ—[ਸਰਵੰਤ੍ਰ] ਹਰ ਥਾਂ। ਮੇਲੀ—ਸਾਥੀ। ਸਉ—ਸੌਂ (ਭਾਵ), ਸੌਂਦੇ ਹਨ। ਨਿਸੁਲ—ਟੰਗ ਪਸਾਰ ਕੇ, ਬੇ-ਫ਼ਿਕਰ [ਹੋ ਕੇ। ਟੰਗ ਧਰਿ—ਲੱਤ ਉਤੇ ਲੱਤ ਧਰ ਕੇ, ਬੇ-ਪਰਵਾਹ ਹੋ ਕੇ। ਚਿਤਿ—ਚਿੱਤ ਵਿਚ। ਚਿਤਿ ਕਰਿ—ਚਿੱਤ ਵਿਚ ਕਰਦੇ, ਸਿਮਰਦੇ ਹਨ। ਸਭ—ਸਾਰੀ ਲੁਕਾਈ। ਝਖਿ ਝਖਿ—ਖਪ ਖਪ ਕੇ। ਪਵੈ ਝੜਿ—ਥੱਕ ਜਾਂਦੀ ਹੈ। ੨।

ਅਰਥ :—ਹੇ ਭਾਈ! ਜਿਹੜਾ ਪਰਮਾਤਮਾ ਆਪ ਸਭ ਜੀਵਾਂ ਵਿਚ ਮੌਜੂਦ ਹੈ

ਉਹ ਹੀ ਭਗਤਾਂ ਦਾ ਮਿੱਤਰ ਹੈ। ਭਗਤਾਂ ਦੇ ਹਿਰਦੇ-ਘਰ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ (ਕਿਉਂਕਿ ਉਹ ਜਾਣਦੇ ਹਨ ਕਿ) ਹਰੇਕ ਜੀਵ ਪਰਮਾਤਮਾ ਦੇ ਵੱਸ ਵਿਚ ਹੈ (ਤੇ ਉਹ ਪਰਮਾਤਮਾ ਉਹਨਾਂ ਦਾ ਮਿੱਤਰ ਹੈ)। ਪਰਮਾਤਮਾ ਹਰ ਥਾਂ ਆਪਣੇ ਭਗਤਾਂ ਦਾ ਸਾਥੀ-ਮਦਦਗਾਰ ਹੈ (ਇਸ ਵਾਸਤੇ ਉਸ ਦੇ) ਭਗਤ ਲੱਤ ਉਤੇ ਲੱਤ ਰੱਖ ਕੇ ਬੇ-ਫ਼ਿਕਰ ਹੋ ਕੇ ਸੌਂਦੇ ਹਨ (ਨਿਸਚਿੰਤ ਜੀਵਨ ਬਤੀਤ ਕਰਦੇ ਹਨ। ਜਿਹੜਾ ਪਰਮਾਤਮਾ ਸਭ ਜੀਵਾਂ ਦਾ ਖ਼ਸਮ ਹੈ, ਉਸ ਨੂੰ ਭਗਤ ਜਨ (ਸਦਾ ਆਪਣੇ) ਹਿਰਦੇ ਵਿਚ ਵਸਾਈ ਰੱਖਦੇ ਹਨ।

ਹੇ ਪ੍ਰਭੂ ! ਸਾਰੀ ਲੁਕਾਈ ਖਪ ਖਪ ਕੇ ਥੱਕ ਜਾਂਦੀ ਹੈ, ਕੋਈ ਤੇਰੇ ਗੁਣਾਂ ਦਾ ਅੰਤ ਨਹੀਂ ਪਾ ਸਕਦਾ। ੨।

ਸਲੋਕ ਮ: ੩ ॥ ਬ੍ਰਹਮੁ ਬਿੰਦਹਿ ਤੇ ਬ੍ਰਾਹਮਣਾ ਜੇ ਚਲਹਿ ਸਤਿਗੁਰ ਭਾਇ ॥ ਜਿਨ ਕੈ ਹਿਰਦੈ ਹਰਿ ਵਸੈ ਹਉਮੈ ਰੋਗੁ ਗਵਾਇ ॥ ਗੁਣ ਰਵਹਿ ਗੁਣ ਸੰਗ੍ਰਹਹਿ ਜੋਤੀ ਜੋਤਿ ਮਿਲਾਇ॥ ਇਸੁ ਜੁਗ ਮਹਿ ਵਿਰਲੇ ਬ੍ਰਾਹਮਣ ਬ੍ਰਹਮੁ ਬਿੰਦਹਿ ਚਿਤੁ ਲਾਇ॥ ਨਾਨਕ ਜਿਨ੍ ਕਉ ਨਦਰਿ ਕਰੇ ਹਰਿ ਸਚਾ ਸੇ ਨਾਮਿ ਰਹੇ ਲਿਵ ਲਾਇ ॥ ੧ ॥ [ਪੰਨਾ ੮੪੯]

ਪਦ ਅਰਥ :–ਬਿੰਦਹਿ–ਪਛਾਣਦੇ ਹਨ, ਡੂੰਘੀ ਸਾਂਝ ਪਾਂਦੇ ਹਨ। ਬ੍ਰਹਮੁ–ਪਰਮਾਤਮਾ। ਭਾਇ–ਪਿਆਰ ਵਿਚ । ਚਲਹਿ–(ਜੀਵਨ-ਸਫ਼ਰ ਵਿਚ) ਤੁਰਦੇ ਹਨ, ਜੀਵਨ ਬਿਤੀਤ ਕਰਦੇ ਹਨ। ਕੈ ਹਿਰਦੈ–ਦੇ ਹਿਰਦੇ ਵਿਚ । ਗਵਾਇ–ਦੂਰ ਕਰ ਕੇ। ਰਵਹਿ–ਚੇਤੇ ਕਰਦੇ ਹਨ। ਸੰਗ੍ਰਹਹਿ–ਇਕੱਠੇ ਕਰਦੇ ਹਨ । ਜੋਤੀ–ਪਰਮਾਤਮਾ ਦੀ ਜੋਤਿ ਵਿਚ। ਜੋਤਿ ਮਿਲਾਇ–(ਆਪਣੀ) ਸੁਰਤਿ ਜੋੜ ਕੇ। ਜੁਗ ਮਹਿ–ਮਨੁੱਖਾ ਜੀਵਨ ਵਿਚ। ਲਾਇ–ਲਾ ਕੇ। ਨਦਰਿ–ਮਿਹਰ ਦੀ ਨਿਗਾਹ। ਸਚਾ–ਸਦਾ ਕਾਇਮ ਰਹਿਣ ਵਾਲਾ। ਨਾਮਿ–ਨਾਮ ਵਿਚ। ਲਿਵ–ਸੁਰਤਿ। ੧।

ਅਰਥ :–ਹੇ ਭਾਈ ! ਜਿਹੜੇ ਮਨੁੱਖ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ, ਸਤਿਗੁਰੂ ਦੀ ਰਜ਼ਾ ਵਿਚ ਜੀਵਨ ਬਤੀਤ ਕਰਦੇ ਹਨ (ਆਪਣੇ ਅੰਦਰੋਂ) ਹਉਮੈ (ਦਾ) ਰੋਗ ਦੂਰ ਕਰ ਕੇ ਜਿਨ੍ਹਾਂ ਦੇ ਹਿਰਦੇ ਵਿਚ ਸਦਾ ਪਰਮਾਤਮਾ ਵੱਸਦਾ ਹੈ ਉਹ ਮਨੁੱਖ ਹਨ (ਅਸਲ) ਬ੍ਰਾਹਮਣ। (ਉਹ ਬ੍ਰਾਹਮਣ) ਪਰਮਾਤਮਾ ਦੀ ਜੋਤਿ ਵਿਚ (ਆਪਣੀ) ਸੁਰਤਿ-ਜੋੜ ਕੇ ਪਰਮਾਤਮਾ ਦੇ ਗੁਣ ਯਾਦ ਕਰਦੇ ਰਹਿੰਦੇ ਹਨ ਤੇ ਪ੍ਰਮਾਤਮਾ ਦੇ ਗੁਣ (ਆਪਣੇ ਅੰਦਰੋਂ) ਇਕੱਠੇ ਕਰਦੇ ਰਹਿੰਦੇ ਹਨ। ਪਰ ਹੇ ਭਾਈ ! ਇਸ ਮਨੁੱਖਾ ਜੀਵਨ ਵਿਚ (ਇਹੋ ਜਿਹੇ) ਬ੍ਰਾਹਮਣ ਵਿਰਲੇ ਹੀ ਹੁੰਦੇ ਹਨ ਜੋ ਮਨ ਲਾ ਕੇ ਪਰਮਾਤਮਾ

ਨਾਲ ਡੂੰਘੀ ਸਾਂਝ ਪਾਈ ਰੱਖਦੇ ਹਨ।

ਹੇ ਨਾਨਕ ! ਜਿਨ੍ਹਾਂ (ਇਹੋ ਜਿਹੇ ਬ੍ਰਾਹਮਣਾਂ) ਉਤੇ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪਣੀ ਮਿਹਰ ਦੀ ਨਿਗਾਹ ਕਰਦਾ ਹੈ ਉਹ ਸਦਾ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਰੱਖਦੇ ਹਨ। ੧।

ਮ: ੩ ॥ ਸਤਿਗੁਰ ਕੀ ਸੇਵ ਨ ਕੀਤੀਆ ਸਬਦਿ ਨ ਲਗੋ ਭਾਉ ॥ ਹਉਮੈ ਰੋਗੁ ਕਮਾਵਣਾ ਅਤਿ ਦੀਰਘੁ ਬਹੁ ਸੁਆਉ ॥ ਮਨ ਹਠਿ ਕਰ੍ਮ ਕਮਾਵਣੇ ਫਿਰਿ ਫਿਰਿ ਜੋਨੀ ਪਾਇ ॥ ਗੁਰਮੁਖਿ ਜਨਮੁ ਸਫਲੁ ਹੈ ਜਿਸ ਨੋ ਆਪੇ ਲਏ ਮਿਲਾਇ ॥ ਨਾਨਕ ਨਦਰਿ ਨਦਰੀ ਕਰੇ ਤਾ ਨਾਮ ਧਨੁ ਪਲੈ ਪਾਇ ॥ ੨ ॥ [ਪੰਨਾ ੮੫੦]

ਪਦ ਅਰਥ :–ਸੇਵ–ਸੇਵਾ, ਕਾਰ। ਸਬਦਿ–ਗੁਰੂ ਦੇ ਸ਼ਬਦ ਵਿਚ। ਭਾਉ–ਪਿਆਰ। ਦੀਰਘੁ–ਲੰਮਾ। ਬਹੁ ਸੁਆਉ–ਬਹੁਤੇ ਸੁਆਦਾਂ ਵਲ ਪ੍ਰੇਰਨ ਵਾਲਾ। ਹਠਿ–ਹਠ ਦੀ ਰਾਹੀਂ। ਪਾਇ–ਪੈਂਦਾ ਹੈ। ਸਫਲੁ–ਕਾਮਯਾਬ। ਆਪੇ–(ਪ੍ਰਭੂ) ਆਪ ਹੀ। ਨਦਰੀ–ਮਿਹਰ ਦੀ ਨਿਗਾਹ ਕਰਨ ਵਾਲਾ ਪ੍ਰਭੂ। ਪਲੈ ਪਾਇ–ਹਾਸਲ ਕਰ ਲੈਂਦਾ ਹੈ। ੨।

ਅਰਥ :–ਹੇ ਭਾਈ ! ਜਿਸ ਮਨੁੱਖ ਨੇ ਗੁਰੂ ਦੀ ਦੱਸੀ ਸੇਵਾ-ਕਮਾਈ ਨਾਂਹ ਕੀਤੀ, ਜਿਸ ਦਾ ਪਿਆਰ (ਗੁਰੂ ਦੇ) ਸ਼ਬਦ ਵਿਚ ਨਾਂਹ ਬਣਿਆ (ਆਪਣੇ ਹੀ ਮਨ ਦਾ ਮੁਰੀਦ ਰਹਿ ਕੇ ਉਸ ਨੇ) ਅਨੇਕਾਂ ਚਸਕਿਆਂ ਵਲ ਪ੍ਰੇਰਨ ਵਾਲਾ ਬਹੁਤ ਲੰਮਾ ਹਉਮੈ ਦਾ ਰੋਗ ਹੀ ਖੱਟਿਆ; ਆਪਣੇ ਮਨ ਦੇ ਹਠ ਦੇ ਆਸਰੇ (ਹੋਰ ਹੋਰ) ਕਰਮ ਕਰਦੇ ਰਹਿਣ ਕਰਕੇ ਉਹ ਮਨੁੱਖ ਮੁੜ ਮੁੜ ਜੂਨਾਂ (ਦੇ ਗੇੜ) ਵਿਚ ਪੈਂਦਾ ਹੈ।

ਹੇ ਭਾਈ ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਜੀਵਨ ਕਾਮਯਾਬ ਹੋ ਜਾਂਦਾ ਹੈ (ਪਰ ਉਹੀ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ) ਜਿਸ ਨੂੰ (ਪਰਮਾਤਮਾ) ਆਪ ਹੀ (ਗੁਰੂ ਦੇ ਚਰਨਾਂ ਵਿਚ) ਜੋੜਦਾ ਹੈ। ਹੇ ਨਾਨਕ ! ਜਦੋਂ ਮਿਹਰ ਦੀ ਨਿਗਾਹ ਕਰਨ ਵਾਲਾ ਪ੍ਰਭੂ (ਕਿਸੇ ਮਨੁੱਖ ਉਤੇ ਮਿਹਰ ਦੀ) ਨਿਗਾਹ ਕਰਦਾ ਹੈ ਤਦੋਂ ਉਹ ਪਰਮਾਤਮਾ ਦਾ ਨਾਮ-ਧਨ ਪ੍ਰਾਪਤ ਕਰ ਲੈਂਦਾ ਹੈ। ੨।

ਪਉੜੀ ॥ ਸਭ ਵਡਿਆਈਆ ਹਰਿਨਾਮ ਵਿਚਿ ਹਰਿ ਗੁਰਮੁਖਿ ਧਿਆਈਐ ॥ ਜਿ ਵਸਤੁ ਮੰਗੀਐ ਸਾਈ ਪਾਈਐ ਜੇ ਨਾਮਿ ਚਿਤੁ ਲਾਈਐ॥ ਗੁਹਜ ਗਲ ਜੀਅ ਕੀ ਕੀਚੈ ਸਤਿਗੁਰੂ ਪਾਸਿ ਤਾ ਸਰਬ ਸੁਖੁ ਪਾਈਐ॥ ਗੁਰੁ ਪੂਰਾ ਹਰਿ ਉਪਦੇਸੁ ਦੇਇ ਸਭ ਭੁਖ ਲਹਿ ਜਾਈਐ ॥ ਜਿਸੁ ਪੂਰਬਿ ਹੋਵੈ ਲਿਖਿਆ ਸੋ ਹਰਿ ਗੁਣ ਗਾਈਐ ॥ ੩ ॥ [ਪੰਨਾ ੮੫੦]

ਪਦ ਅਰਥ :–ਸਭ ਵਡਿਆਈਆ–ਸਾਰੇ ਗੁਣ। ਗੁਰਮੁਖਿ–ਗੁਰੂ ਦੀ ਸਰਨ ਪੈ ਕੇ, ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ। ਧਿਆਈਐ–ਸਿਮਰਿਆ ਜਾ ਸਕਦਾ ਹੈ। ਜਿ ਵਸਤੁ–ਜਿਹੜੀ ਚੀਜ਼। ਨਾਮਿ–ਨਾਮ ਵਿਚ। ਗੁਹਜ ਗਲ–ਲੁਕਵੀਂ ਗੱਲ, ਅੰਦਰਲੀ ਗੱਲ, ਦਿਲ ਦੀ ਘੁੰਡੀ। ਜੀਅ ਕੀ–ਦਿਲ ਦੀ। ਕੀਚੈ–ਕੀਤੀ ਜਾਏ। ਸਰਬ ਸੁਖੁ–ਹਰੇਕ ਕਿਸਮ ਦਾ ਸੁਖ। ਦੇਇ–ਦੇਂਦਾ ਹੈ। ਭੁਖ–ਤ੍ਰਿਸ਼ਨਾ। ਪੂਰਬਿ–ਪਹਿਲਾਂ ਤੋਂ, ਮੁੱਢ ਤੋਂ, ਧੁਰ ਤੋਂ। ਲਿਖਿਆ–(ਸਿਫ਼ਤਿ ਸਾਲਾਹ ਦੇ ਸੰਸਕਾਰਾਂ ਦਾ) ਲਿਖਿਆ ਹੋਇਆ ਲੇਖ। ੩।

ਅਰਥ :–ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨ ਵਿਚ ਸਾਰੇ ਗੁਣ ਹਨ (ਜੇ ਮਨੁੱਖ ਨਾਮ ਸਿਮਰੇ ਤਾਂ ਉਸ ਦੇ ਅੰਦਰ ਸਾਰੇ ਆਤਮਕ ਗੁਣ ਪੈਦਾ ਹੋ ਜਾਂਦੇ ਹਨ, ਪਰ) ਪਰਮਾਤਮਾ (ਦਾ ਨਾਮ) ਗੁਰੂ ਦੀ ਸਰਨ ਪਿਆਂ ਹੀ ਸਿਮਰਿਆ ਜਾ ਸਕਦਾ ਹੈ। ਹੇ ਭਾਈ! ਜੇ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜੀ ਰੱਖੀਏ ਤਾਂ (ਉਸ ਦੇ ਦਰ ਤੋਂ) ਜਿਹੜੀ ਭੀ ਚੀਜ਼ ਮੰਗੀ ਜਾਂਦੀ ਹੈ ਉਹੀ ਮਿਲ ਜਾਂਦੀ ਹੈ। ਹੇ ਭਾਈ! ਜਦੋਂ ਦਿਲ ਦੀ ਘੁੰਡੀ ਸਤਿਗੁਰੂ ਦੇ ਅੱਗੇ ਖੋਹਲੀ ਜਾਂਦੀ ਹੈ ਤਦੋਂ ਹਰੇਕ ਕਿਸਮ ਦਾ ਸੁਖ ਮਿਲ ਜਾਂਦਾ ਹੈ। ਪੂਰਾ ਸਤਿਗੁਰੂ ਪਰਮਾਤਮਾ (ਦੇ ਸਿਮਰਨ) ਦਾ ਉਪਦੇਸ਼ ਦੇਂਦਾ ਹੈ (ਅਤੇ ਸਿਮਰਨ ਦੀ ਬਰਕਤ ਨਾਲ) ਸਾਰੀ ਤ੍ਰਿਸ਼ਨਾ ਮਿਟ ਜਾਂਦੀ ਹੈ।

ਪਰ ਹੇ ਭਾਈ! ਜਿਸ ਮਨੁੱਖ ਦੇ ਅੰਦਰ ਮੁੱਢ ਤੋਂ (ਸਿਫ਼ਤਿ ਸਾਲਾਹ ਦੇ ਸੰਸਕਾਰਾਂ ਦਾ] ਲੇਖ ਲਿਖਿਆ ਹੁੰਦਾ ਹੈ ਉਹ ਹੀ ਪਰਮਾਤਮਾ ਦੇ ਗੁਣ ਗਾਂਦਾ ਹੈ (ਬਾਕੀ ਸਾਰੀ ਲੁਕਾਈ ਤਾਂ ਮਾਇਆ ਦੇ ਵਹੇ ਚੜ੍ਹੀ ਰਹਿੰਦੀ ਹੈ)। ੩।

ਸਲੋਕ ਮ: ੩ ॥ ਸਤਿਗੁਰ ਤੇ ਖਾਲੀ ਕੋ ਨਹੀ ਮੇਰੈ ਪ੍ਰਭਿ ਮੇਲਿ ਮਿਲਾਏ ॥ ਸਤਿਗੁਰ ਕਾ ਦਰਸਨੁ ਸਫਲੁ ਹੈ ਜੇਹਾ ਕੋ ਇਛੇ ਤੇਹਾ ਫਲੁ ਪਾਏ ॥ ਗੁਰ ਕਾ ਸਬਦੁ ਅੰਮ੍ਰਿਤੁ ਹੈ ਸਭ ਤ੍ਰਿਸਨਾ ਭੁਖ ਗਵਾਏ ॥ ਹਰਿ ਰਸੁ ਪੀ ਸੰਤੋਖੁ ਹੋਆ ਸਚੁ ਵਸਿਆ ਮਨਿ ਆਏ ॥ ਸਚੁ ਧਿਆਇ ਅਮਰਾਪਦੁ ਪਾਇਆ ਅਨਹਦ ਸਬਦ ਵਜਾਏ ॥ ਸਚੋ ਦਹਦਿਸਿ ਪਸਰਿਆ ਗੁਰ ਕੈ ਸਹਜਿ ਸੁਭਾਏ ॥ ਨਾਨਕ ਜਿਨੁ ਅੰਦਰਿ ਸਚੁ ਹੈ ਸੇ ਜਨ ਛਪਹਿ ਨ ਕਿਸੈ ਦੇ ਛਪਾਏ ॥ ੧ ॥ [ਪੰਨਾ ੮੫੦]

ਪਦ ਅਰਥ :–ਮੇਰੈ ਪ੍ਰਭਿ–ਪਿਆਰੇ ਪ੍ਰਭੂ ਵਿਚ। ਮੇਲਿ ਮਿਲਾਏ–ਮੇਲ ਕੇ ਮਿਲਾ ਦੇਂਦਾ ਹੈ, ਪੂਰਨ ਤੌਰ ਤੇ ਮਿਲਾ ਦੇਂਦਾ ਹੈ। ਸਫਲੁ–ਫਲ ਦੇਣ ਵਾਲਾ, ਸ-ਫਲ। ਅੰਮ੍ਰਿਤੁ–ਆਤਮਕ ਜੀਵਨ ਦੇਣ ਵਾਲਾ ਜਲ। ਤ੍ਰਿਸਨਾ–ਤ੍ਰੇਹ, ਲਾਲਚ। ਪੀ–ਪੀ ਕੇ।

ਸਚੁ–ਸਦਾ ਕਾਇਮ ਰਹਿਣ ਵਾਲਾ ਪਰਮਾਤਮਾ । ਮਨਿ–ਮਨ ਵਿਚ । ਅਮਰਾਪਦੁ–ਉਹ ਦਰਜਾ ਜੋ ਕਦੇ ਨਾਸ ਨਹੀਂ ਹੁੰਦਾ ।

ਅਨਹਦ–ਇਕ-ਰਸ, ਲਗਾਤਾਰ । ਅਨਹਦ ਸ਼ਬਦ–ਇਕ-ਰਸ ਵਾਜੇ । ਦਹਦਿਸਿ–ਦਸੀਂ ਪਾਸੀਂ । ਗੁਰ ਕੈ–ਗੁਰੂ ਦੀ ਰਾਹੀਂ (ਮਿਲੀ ਹੋਈ) । ਸਹਜਿ–ਆਤਮਕ ਅਡੋਲਤਾ ਵਿਚ । ਸੁਭਾਇ–ਪਿਆਰ ਵਿਚ ।

ਅਰਥ :–ਹੇ ਭਾਈ ! ਗੁਰੂ ਦੇ ਦਰ ਤੋਂ (ਕਦੇ) ਕੋਈ ਖ਼ਾਲੀ (ਨਿਰਾਸ) ਨਹੀਂ ਗਿਆ, (ਦਰ ਤੇ ਆਏ ਸਾਰਿਆਂ ਨੂੰ) ਪਿਆਰੇ ਪ੍ਰਭੂ ਵਿਚ ਪੂਰਨ ਤੌਰ ਤੇ ਮਿਲਾ ਦੇਂਦਾ ਹੈ। ਗੁਰੂ ਦਾ ਦੀਦਾਰ ਭੀ ਫਲ ਦੇਣ ਵਾਲਾ ਹੈ, ਜਿਹੋ ਜਿਹੀ ਕਿਸੇ ਦੀ ਭਾਵਨਾ ਹੁੰਦੀ ਹੈ ਉਹੋ ਜਿਹਾ ਉਸ ਨੂੰ ਫਲ ਮਿਲ ਜਾਂਦਾ ਹੈ। ਹੇ ਭਾਈ ! ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲਾ (ਮਾਨੋ) ਜਲ ਹੈ (ਜਿਵੇਂ ਜਲ ਪੀ ਕੇ ਤ੍ਰੇਹ ਮਿਟਾ ਲਈਦੀ ਹੈ, ਤਿਵੇਂ ਸ਼ਬਦ-ਜਲ ਦੀ ਬਰਕਤ ਨਾਲ ਮਨੁੱਖ ਦੇ ਅੰਦਰੋਂ ਮਾਇਆ ਦੀ) ਤ੍ਰੇਹ ਭੁੱਖ ਸਾਰੀ ਮਿਟ ਜਾਂਦੀ ਹੈ। (ਗੁਰੂ ਦੇ ਸ਼ਬਦ ਦੀ ਰਾਹੀਂ) ਪਰਮਾਤਮਾ ਦਾ ਨਾਮ-ਰਸ ਪੀ ਕੇ (ਮਨੁੱਖ ਦੇ ਅੰਦਰ) ਸੰਤੋਖ ਪੈਦਾ ਹੁੰਦਾ ਹੈ, ਅਤੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਉਸ ਦੇ ਮਨ ਵਿਚ ਆ ਵੱਸਦਾ ਹੈ। ਹੇ ਭਾਈ ! ਜਿਹੜਾ ਮਨੁੱਖ ਗੁਰੂ ਦੀ ਰਾਹੀਂ ਅਡੋਲ ਅਵਸਥਾ ਵਿਚ ਪਿਆਰ-ਅਵਸਥਾ ਵਿਚ ਅੱਪੜਦਾ ਹੈ ਉਸ ਨੂੰ ਦਸੀਂ ਹੀ ਪਾਸੀਂ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਵਿਆਪਕ ਦਿੱਸਦਾ ਹੈ। ਸਦਾ ਥਿਰ ਰਹਿਣ ਵਾਲੇ ਪ੍ਰਭੂ ਨੂੰ ਸਿਮਰ ਕੇ ਉਸ ਨੂੰ ਐਸਾ ਆਤਮਕ ਦਰਜਾ ਮਿਲ ਜਾਂਦਾ ਹੈ ਜੋ ਕਦੇ ਨਾਸ ਨਹੀਂ ਹੁੰਦਾ, ਉਹ (ਆਪਣੇ ਅੰਦਰ ਸਿਫ਼ਤਿ ਸਾਲਾਹ ਦੇ) ਇਕ-ਰਸ ਵਾਜੇ ਵਜਾਂਦਾ ਹੈ(ਆਤਮਕ ਜੀਵਨ ਦੇਣ ਵਾਲੀ ਅਵਸਥਾ ਉਸ ਦੇ ਅੰਦਰ ਸਦਾ ਪ੍ਰਬਲ ਰਹਿੰਦੀ ਹੈ) ।

ਹੇ ਨਾਨਕ ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਟਿਕਿਆ ਰਹਿੰਦਾ ਹੈ ਉਹ ਮਨੁੱਖ ਕਿਸੇ ਦੇ ਲੁਕਾਏ ਨਹੀਂ ਲੁਕਦੇ (ਕੋਈ ਮਨੁੱਖ ਉਹਨਾਂ ਦੀ ਸੋਭਾ ਨੂੰ ਮਿਟਾ ਨਹੀਂ ਸਕਦਾ) । ੧ ।

ਮ: ੩ ॥ ਗੁਰ ਸੇਵਾ ਤੇ ਹਰਿ ਪਾਈਐ ਜਾ ਕਉ ਨਦਰਿ ਕਰੇਇ ॥ ਮਾਨਸ ਤੇ ਦੇਵਤੇ ਭਏ ਸਚੀ ਭਗਤਿ ਜਿਸੁ ਦੇਇ ॥ ਹਉਮੈ ਮਾਰਿ ਮਿਲਾਇਅਨੁ ਗੁਰ ਕੈ ਸਬਦਿ ਸੁਚੇਇ ॥ ਨਾਨਕ ਸਹਜੇ ਮਿਲਿ ਰਹੇ ਨਾਮੁ ਵਡਿਆਈ ਦੇਇ ॥ ੨ ॥ [ਪੰਨਾ ੯੫੦]

ਪਦ ਅਰਥ :–ਗੁਰ ਸੇਵਾ ਤੇ–ਗੁਰੂ ਦੀ ਦੱਸੀ ਕਾਰ ਕੀਤਿਆਂ । ਜਾ ਕਉ–ਜਿਸ ਉਤੇ । ਤੇ–ਤੋਂ । ਸਚੀ ਭਗਤਿ–ਸਦਾ ਕਾਇਮ ਰਹਿਣ ਵਾਲੀ ਭਗਤੀ । ਦੇਇ–ਦੇਂਦਾ ਹੈ । ਮਾਰਿ–ਮਾਰ ਕੇ । ਮਿਲਾਇਅਨੁ–ਮਿਲਾ ਲਏ ਹਨ ਉਸ (ਪ੍ਰਭੂ) ਨੇ । ਕੈ ਸਬਦਿ–

ਦੇ ਸ਼ਬਦ ਦੀ ਰਾਹੀਂ। ਸੁਚੇਇ—ਪਵਿੱਤਰ ਜੀਵਨ ਵਾਲੇ। ਸਹਜੇ—ਸਹਜਿ, ਆਤਮਕ ਅਡੋਲਤਾ ਵਿਚ (ਟਿਕ ਕੇ)। ਵਡਿਆਈ—ਗੁਣ। ੩।

ਅਰਥ :—ਹੇ ਭਾਈ! ਗੁਰੂ ਦੀ ਦੱਸੀ ਕਾਰ ਕੀਤਿਆਂ ਪਰਮਾਤਮਾ ਮਿਲ ਪੈਂਦਾ ਹੈ (ਪਰ ਮਿਲਦਾ ਉਸ ਨੂੰ ਹੈ) ਜਿਸ ਉਤੇ (ਪਰਮਾਤਮਾ) ਮਿਹਰ ਕਰਦਾ ਹੈ। (ਗੁਰੂ ਦੀ ਦੱਸੀ ਕਾਰ ਕੀਤਿਆਂ) ਮਨੁੱਖਾਂ ਤੋਂ ਦੇਵਤੇ ਬਣ ਜਾਂਦੇ ਹਨ (ਪਰ ਉਹ ਮਨੁੱਖ ਦੇਵਤਾ ਬਣਦਾ ਹੈ) ਜਿਸ ਨੂੰ ਪ੍ਰਭੂ ਸਦਾ ਕਾਇਮ ਰਹਿਣ ਵਾਲੀ ਭਗਤੀ (ਦੀ ਦਾਤਿ) ਦੇਂਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਜਿਹੜੇ ਮਨੁੱਖ ਪਵਿੱਤਰ ਜੀਵਨ ਵਾਲੇ ਬਣ ਗਏ, ਪਰਮਾਤਮਾ ਨੇ (ਉਹਨਾਂ ਦੇ ਅੰਦਰੋਂ) ਹਉਮੈ ਮੁਕਾ ਕੇ (ਉਹਨਾਂ ਨੂੰ ਆਪਣੇ ਨਾਲ) ਮਿਲਾ ਲਿਆ। ਹੇ ਨਾਨਕ! (ਆਖ—ਹੇ ਭਾਈ! ਜਿਸ ਮਨੁੱਖ ਨੂੰ ਪਰਮਾਤਮਾ) ਨਾਮ (ਜਪਣ ਦਾ) ਗੁਣ ਬਖ਼ਸ਼ਦਾ ਹੈ (ਉਹ ਮਨੁੱਖ) ਆਤਮਕ ਅਡੋਲਤਾ ਵਿਚ ਟਿਕ ਕੇ (ਪ੍ਰਭੂ-ਚਰਨਾਂ ਵਿਚ) ਜੁੜਿਆ ਰਹਿੰਦਾ ਹੈ। ੨।

ਪਉੜੀ ॥ ਗੁਰ ਸਤਿਗੁਰ ਵਿਚਿ ਨਾਵੈ ਕੀ ਵਡੀ ਵਡਿਆਈ ਹਰਿ ਕਰਤੈ ਆਪਿ ਵਧਾਈ ॥ ਸੇਵਕ ਸਿਖ ਸਭਿ ਵੇਖਿ ਵੇਖਿ ਜੀਵਨ੍ਹਿ ਓਨ੍ਹਾ ਅੰਦਰਿ ਹਿਰਦੈ ਭਾਈ ॥ ਨਿੰਦਕ ਦੁਸਟ ਵਡਿਆਈ ਵੇਖਿ ਨ ਸਕਨਿ ਓਨ੍ਹਾ ਪਰਾਇਆ ਭਲਾ ਨ ਸੁਖਾਈ ॥ ਕਿਆ ਹੋਵੈ ਕਿਸ ਹੀ ਕੀ ਝਖ ਮਾਰੀ ਜਾ ਸਚੇ ਸਿਉ ਬਣਿ ਆਈ ॥ ਜਿ ਗਲ ਕਰਤੇ ਭਾਵੈ ਸਾ ਨਿਤ ਨਿਤ ਚੜੈ ਸਵਾਈ ਸਭ ਝਖਿ ਝਖਿ ਮਰੈ ਲੋਕਾਈ ॥੪॥ [ਪੰਨਾ ੮੫੦]

ਪਦ ਅਰਥ :—ਨਾਵੈ ਕੀ ਵਡਿਆਈ—ਨਾਮ (ਜਪਣ ਜਪਾਣ) ਦਾ ਗੁਣ। ਕਰਤੈ—ਕਰਤਾਰ ਨੇ। ਸਭਿ—ਸਾਰੇ। ਜੀਵਨ੍ਹਿ—ਆਤਮਕ ਜੀਵਨ ਹਾਸਲ ਕਰਦੇ ਹਨ। ਭਾਈ—ਚੰਗੀ ਲੱਗਦੀ ਹੈ। ਵੇਖਿ ਨ ਸਕਨਿ—ਵੇਖ ਕੇ ਜਰ ਨਹੀਂ ਸਕਦੇ। ਨ ਸੁਖਾਈ—ਚੰਗਾ ਨਹੀਂ ਲੱਗਦਾ। ਸਚੇ ਸਿਉ—ਸਦਾ-ਥਿਰ ਪ੍ਰਭੂ ਨਾਲ। ਬਣਿ ਆਈ—ਪ੍ਰੀਤ ਬਣੀ ਹੋਈ ਹੈ। ਕਿਆ ਹੋਵੈ—ਕੁਝ ਵਿਗਾੜ ਨਹੀਂ ਸਕਦਾ। ਜਿ ਗਲ—ਜਿਹੜੀ ਗੱਲ। ਸਾ—ਉਹ ਗੱਲ। ਚੜੈ ਸਵਾਈ—ਵਧਦੀ ਹੈ। ਲੋਕਾਈ—ਖ਼ਲਕਤ, ਦੁਨੀਆ ਦੇ ਲੋਕ। ਖਪਿ ਖਪਿ ਮਰੈ—ਖਿੱਝ ਖਿੱਝ ਕੇ ਆਤਮਕ ਮੌਤ ਸਹੇੜਦੀ ਹੈ। ੪।

ਅਰਥ :—ਹੇ ਭਾਈ! ਗੁਰੂ ਦੇ ਅੰਦਰ (ਪਰਮਾਤਮਾ ਦਾ) ਨਾਮ (ਜਪਣ ਜਪਾਣ) ਦਾ ਵੱਡਾ ਗੁਣ ਹੈ, ਪਰਮਾਤਮਾ ਨੇ ਆਪ (ਇਹ ਗੁਣ ਗੁਰੂ ਵਿਚ) ਵਧਾਇਆ ਹੈ। (ਸਤਿਗੁਰੂ ਦੇ) ਸਾਰੇ ਸਿੱਖ ਸੇਵਕ (ਗੁਰੂ ਦੇ) ਇਸ ਗੁਣ ਨੂੰ ਵੇਖ ਕੇ ਆਤਮਕ ਜੀਵਨ ਹਾਸਲ ਕਰਦੇ ਹਨ, ਉਹਨਾਂ ਨੂੰ (ਗੁਰੂ ਦਾ ਇਹ ਗੁਣ ਆਪਣੇ) ਹਿਰਦੇ ਵਿਚ ਪਿਆਰਾ

ਲੱਗਦਾ ਹੈ। (ਗੁਰੂ ਦੀ) ਨਿੰਦਾ ਕਰਨ ਵਾਲੇ ਅਤੇ ਭੈੜੇ ਬੰਦੇ (ਸਤਿਗੁਰੂ ਦੀ) ਵਡਿਆਈ ਵੇਖ ਕੇ ਸਹਾਰ ਨਹੀਂ ਸਕਦੇ, ਉਹਨਾਂ ਨੂੰ ਕਿਸੇ ਹੋਰ ਦੀ ਭਲਾਈ ਚੰਗੀ ਨਹੀਂ ਲੱਗਦੀ।

ਪਰ ਜਦੋਂ ਗੁਰੂ ਦਾ ਪਿਆਰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨਾਲ ਬਣਿਆ ਹੋਇਆ ਹੈ,ਤਾਂ ਕਿਸੇ (ਨਿੰਦਕ ਦੁਸ਼ਟ) ਦੇ ਝਖ ਮਾਰਿਆਂ ਗੁਰੂ ਦਾ ਕੁਝ ਵਿਗੜ ਨਹੀਂ ਸਕਦਾ। ਜਿਹੜੀ ਗੱਲ ਕਰਤਾਰ ਨੂੰ ਚੰਗੀ ਲੱਗਦੀ ਹੈ ਉਹ ਦਿਨੋ ਦਿਨ ਵਧਦੀ ਹੈ (ਤੇ ਨਿੰਦਾ ਕਰਨ ਵਾਲੀ) ਸਾਰੀ ਲੁਕਾਈ ਖਿੱਝ ਖਿੱਝ ਕੇ ਆਤਮਕ ਮੌਤ ਸਹੇੜਦੀ ਹੈ।੪।

ਸਲੋਕ ਮ: ੩ ॥ ਧ੍ਰਿਗੁ ਏਹ ਆਸਾ ਦੂਜੇ ਭਾਵ ਕੀ ਜੋ ਮੋਹਿ ਮਾਇਆ ਚਿਤੁ ਲਾਇ ॥ ਹਰਿ ਸੁਖੁ ਪਲ੍ਹਰਿ ਤਿਆਗਿਆ ਨਾਮੁ ਵਿਸਾਰਿ ਦੁਖੁ ਪਾਇ ॥ ਮਨਮੁਖ ਅਗਿਆਨੀ ਅੰਧੁਲੇ ਜਨਮਿ ਮਰਹਿ ਫਿਰਿ ਆਵੈ ਜਾਇ ॥ ਕਾਰਜ ਸਿਧਿ ਨ ਹੋਵਨ੍ਹੀ ਅੰਤਿ ਗਇਆ ਪਛੁਤਾਇ ॥ ਜਿਸੁ ਕਰਮੁ ਹੋਵੈ ਤਿਸੁ ਸਤਿਗੁਰੁ ਮਿਲੈ ਸੋ ਹਰਿ ਹਰਿ ਨਾਮੁ ਧਿਆਇ ॥ ਨਾਮਿ ਰਤੇ ਜਨ ਸਦਾ ਸੁਖੁ ਪਾਇਨ੍ਹਿ ਜਨ ਨਾਨਕ ਤਿਨ ਬਲਿ ਜਾਇ ॥ ੧ ॥ [ਪੰਨਾ ੮੫੦]

ਪਦ ਅਰਥ :—ਧ੍ਰਿਗੁ—ਫਿਟਕਾਰ-ਜੋਗ। ਦੂਜੇ ਭਾਵ ਕੀ—(ਪਰਮਾਤਮਾ ਤੋਂ ਬਿਨਾ) ਹੋਰ ਨਾਲ ਪਿਆਰ ਪਾਣ ਵਾਲੀ। ਮੋਹਿ—ਮੋਹ ਵਿਚ। ਪਲ੍ਹਰਿ—ਪਰਾਲੀ ਦੇ ਵੱਟੇ। ਵਿਸਾਰਿ—ਭੁਲਾ ਕੇ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ। ਅਗਿਆਨੀ—ਆਤਮਕ ਜੀਵਨ ਦੀ ਸੂਝ ਤੋਂ ਸੱਖਣੇ। ਅੰਧੁਲੇ—ਜਿਨ੍ਹਾਂ ਨੂੰ ਜੀਵਨ ਦਾ ਸਹੀ ਰਸਤਾ ਨਹੀਂ ਦਿੱਸਦਾ। ਜਨਮਿ ਮਰਹਿ—ਜਨਮ ਕੇ ਮਰਦੇ ਹਨ। ਸਿਧਿ—ਕਾਮਯਾਬੀਆਂ। ਨ ਹੋਵਨ੍ਹੀ—ਨਹੀਂ ਹੁੰਦੀਆਂ। ਅੰਤਿ—ਆਖ਼ਰ ਨੂੰ। ਕਰਮੁ—ਬਖ਼ਸ਼ਸ਼। ਨਾਮਿ—ਨਾਮ ਵਿਚ। ਰਤੇ—ਰੰਗੇ ਹੋਏ। ਪਾਇਨ੍ਹਿ—ਪਾਂਦੇ ਹਨ। ਬਲਿ ਜਾਇ—ਸਦਕੇ ਜਾਂਦਾ ਹੈ।੧।

ਅਰਥ :—ਜਿਹੜਾ ਮਨੁੱਖ ਮਾਇਆ ਦੇ ਮੋਹ ਵਿਚ (ਆਪਣਾ) ਚਿੱਤ ਜੋੜਦਾ ਹੈ ਉਸ ਦੀ ਇਹ ਮਾਇਆ ਨਾਲ ਪਿਆਰ ਵਧਾਣ ਵਾਲੀ ਆਸ (ਉਸ ਦੇ ਵਾਸਤੇ) ਫਿਟ-ਕਾਰ ਹੀ ਖੱਟਣ ਵਾਲੀ ਹੁੰਦੀ ਹੈ (ਕਿਉਂਕਿ ਉਹ ਮਨੁੱਖ) ਪਰਮਾਤਮਾ ਦੇ ਨਾਮ ਦਾ ਆਨੰਦ ਪਰਾਲੀ ਦੇ ਵੱਟੇ ਤਿਆਗਦਾ ਹੈ, ਪਰਮਾਤਮਾ ਦਾ ਨਾਮ ਭੁਲਾ ਕੇ ਉਹ ਦੁੱਖ (ਹੀ) ਪਾਂਦਾ ਹੈ।

ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਆਤਮਕ ਜੀਵਨ ਦੀ ਸੂਝ ਤੋਂ ਸੱਖਣੇ ਰਹਿੰਦੇ ਹਨ, ਜੀਵਨ ਦਾ ਸਹੀ ਰਸਤਾ ਉਹਨਾਂ ਨੂੰ ਨਹੀਂ ਦਿੱਸਦਾ (ਇਸ ਵਾਸਤੇ ਉਹ) ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ। ਮਨਮੁਖ ਬੰਦਾ ਮੁੜ ਮੁੜ ਜੰਮਦਾ ਮਰਦਾ ਰਹਿੰਦਾ ਹੈ। (ਪ੍ਰਭੂ ਨੂੰ ਵਿਸਾਰ ਕੇ ਮਨਮੁਖ ਨੇ ਹੋਰ ਹੋਰ ਕਈ ਧੰਧੇ ਸਹੇੜੇ ਹੁੰਦੇ ਹਨ,

ਉਹਨਾਂ) ਕੰਮਾਂ ਵਿਚ (ਉਸ ਨੂੰ) ਕਾਮਯਾਬੀਆਂ ਨਹੀਂ ਹੁੰਦੀਆਂ, ਆਖ਼ਰ ਇਥੋਂ ਹਾਹੁਕੇ ਲੈਂਦਾ ਹੀ ਜਾਂਦਾ ਹੈ।

ਜਿਸ ਮਨੁੱਖ ਉਤੇ ਪ੍ਰਭੂ ਦੀ ਮਿਹਰ ਹੁੰਦੀ ਹੈ ਉਸ ਨੂੰ ਗੁਰੂ ਮਿਲਦਾ ਹੈ, ਉਹ ਸਦਾ ਪ੍ਰਭੂ ਦਾ ਨਾਮ ਸਿਮਰਦਾ ਹੈ। ਨਾਮ ਵਿਚ ਰੰਗੇ ਹੋਏ ਮਨੁੱਖ ਸਦਾ ਆਤਮਕ ਆਨੰਦ ਮਾਣਦੇ ਹਨ। ਹੇ ਦਾਸ ਨਾਨਕ ! (ਆਖ–) ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ। ੧।

ਮਃ ੩ ॥ ਆਸਾ ਮਨਸਾ ਜਗਿ ਮੋਹਣੀ ਜਿਨਿ ਮੋਹਿਆ ਸੰਸਾਰੁ ॥ ਸਭੁ ਕੋ ਜਮ ਕੇ ਚੀਰੇ ਵਿਚਿ ਹੈ ਜੇਤਾ ਸਭੁ ਆਕਾਰੁ ॥ ਹੁਕਮੀ ਹੀ ਜਮੁ ਲਗਦਾ ਸੋ ਉਬਰੈ ਜਿਸੁ ਬਖਸੈ ਕਰਤਾਰੁ ॥ ਨਾਨਕ ਗੁਰ ਪਰਸਾਦੀ ਏਹੁ ਮਨੁ ਤਾਂ ਤਰੈ ਜਾ ਛੋਡੈ ਅਹੰਕਾਰੁ ॥ ਆਸਾ ਮਨਸਾ ਮਾਰੇ ਨਿਰਾਸੁ ਹੋਇ ਗੁਰ ਸਬਦੀ ਵੀਚਾਰੁ ॥੨॥ [ਪੰਨਾ ੮੫੧]

ਪਦ ਅਰਥ :–ਮਨਸਾ–ਮਨ ਦਾ ਫੁਰਨਾ, (ਹਰ ਵੇਲੇ) ਮਾਇਆ ਦੀ ਹੀ ਚਿਤਵਨੀ। ਜਗਿ–ਜਗਤ ਵਿਚ। ਜਿਨਿ–ਜਿਸ ਨੇ। ਸਭੁ ਕੋ–ਹਰੇਕ ਜੀਵ। ਜਮ–ਮੌਤ, ਆਤਮਕ ਮੌਤ। ਚੀਰਾ–ਪੱਲਾ, ਹਲਕਾ, ਘੇਰਾ। ਜੇਤਾ–ਜਿਤਨਾ ਭੀ। ਅਕਾਰੁ–ਦਿੱਸਦਾ ਜਗਤ। ਲਗਦਾ–ਜ਼ੋਰ ਪਾਂਦਾ। ਉਬਰੈ–ਬਚਦਾ ਹੈ। ਪਰਸਾਦਿ–ਕਿਰਪਾ ਨਾਲ। ਜਾ–ਜਦੋਂ। ਨਿਰਾਸੁ–(ਮਾਇਆ ਦੀਆਂ) ਆਸਾਂ ਤੋਂ ਨਿਰਲੇਪ। ੨।

ਅਰਥ :–ਹੇ ਭਾਈ ! (ਹਰ ਵੇਲੇ ਮਾਇਆ ਦੀ) ਆਸ (ਹਰ ਵੇਲੇ ਮਾਇਆ ਦੀ ਹੀ) ਚਿਤਵਨੀ ਜਗਤ ਵਿਚ (ਜੀਵਾਂ ਨੂੰ) ਮੋਹ ਰਹੀ ਹੈ, ਇਸ ਨੇ ਸਾਰੇ ਜਗਤ ਨੂੰ ਆਪਣੇ ਵੱਸ ਵਿਚ ਕੀਤਾ ਹੋਇਆ ਹੈ। ਜਿਤਨਾ ਭੀ ਜਗਤ ਦਿੱਸ ਰਿਹਾ ਹੈ (ਇਸ ਆਸਾ ਮਨਸਾ ਦੇ ਕਾਰਨ ਜਗਤ ਦਾ) ਹਰੇਕ ਜੀਵ ਆਤਮਕ ਮੌਤ ਦੇ ਪੰਜੇ ਵਿਚ ਹੈ। (ਪਰ) ਇਹ ਆਤਮਕ ਮੌਤ (ਪਰਮਾਤਮਾ ਦੇ) ਹੁਕਮ ਵਿਚ ਹੀ ਵਿਆਪਦੀ ਹੈ (ਇਸ ਵਾਸਤੇ ਇਸ ਤੋਂ) ਉਹੀ ਬਚਦਾ ਹੈ ਜਿਸ ਉਤੇ ਕਰਤਾਰ ਮਿਹਰ ਕਰਦਾ ਹੈ (ਤੇ, ਪਰਮਾਤਮਾ ਬਖ਼ਸ਼ਸ਼ ਕਰਦਾ ਹੈ ਗੁਰੂ ਦੀ ਰਾਹੀਂ)।

ਹੇ ਨਾਨਕ ! ਜਦੋਂ ਗੁਰੂ ਦੀ ਕਿਰਪਾ ਨਾਲ ਮਨੁੱਖ (ਆਪਣੇ ਅੰਦਰੋਂ) ਅਹੰਕਾਰ ਦੂਰ ਕਰਦਾ ਹੈ, ਜਦੋਂ ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜਦਾ ਹੈ ਤਦੋਂ ਮਨੁੱਖ ਆਸਾ ਮਨਸਾ ਨੂੰ ਮੁਕਾ ਲੈਂਦਾ ਹੈ (ਦੁਨੀਆ ਦੀ ਕਿਰਤ-ਕਾਰ ਕਰਦਾ ਹੋਇਆ ਹੀ) ਆਸਾਂ ਤੋਂ ਉਤਾਂਹ ਰਹਿੰਦਾ ਹੈ, ਤਦੋਂ ਮਨੁੱਖ ਦਾ ਮਨ (ਆਸਾ ਮਨਸਾ ਦੀ ਘੁੰਮਣ-ਘੇਰੀ ਵਿਚੋਂ) ਪਾਰ ਲੰਘ ਜਾਂਦਾ ਹੈ। ੨।

ਪਉੜੀ ॥ ਜਿਥੈ ਜਾਈਐ ਜਗਤ ਮਹਿ ਤਿਥੈ ਹਰਿ ਸਾਈ ॥ ਅਗੈ ਸਭੁ ਆਪੇ ਵਰਤਦਾ ਹਰਿ ਸਚਾ ਨਿਆਈ ॥ ਕੂੜਿਆਰਾ ਕੇ ਮੁਹ ਫਿਟ-

ਕੀਅਹਿ ਸਚੁ ਭਗਤਿ ਵਡਿਆਈ ॥ ਸਚੁ ਸਾਹਿਬੁ ਸਚਾ ਨਿਆਉ ਹੈ ਸਿਰਿ ਨਿੰਦਕ ਛਾਈ ॥ ਜਨ ਨਾਨਕ ਸਚੁ ਆਰਾਧਿਆ ਗੁਰਮੁਖਿ ਸੁਖ ਪਾਈ ॥੫॥ [ਪੰਨਾ ੮੫੧]

ਪਦ ਅਰਥ:–ਮਹਿ–ਵਿਚ। ਤਿਥੈ–ਉਥੇ ਹੀ। ਸਾਈ–ਸਾਈਂ, ਖਸਮ। ਅਗੈ–ਪਰਲੋਕ ਵਿਚ। ਸਭੁ–ਹਰ ਥਾਂ। ਆਪੇ–ਆਪ ਹੀ। ਵਰਤਦਾ–ਮੌਜੂਦ ਹੈ, ਕਾਰ ਚਲਾ ਰਿਹਾ ਹੈ। ਸਚਾ–ਸਦਾ ਕਾਇਮ ਰਹਿਣ ਵਾਲਾ। ਨਿਆਈ–ਨਿਆਂ ਕਰਨ ਵਾਲਾ। ਕੂੜਿਆਰ–ਕੂੜ ਦੇ ਵਪਾਰੀ, ਮਾਇਆ-ਗ੍ਰਸੇ ਜੀਵ। ਫਿਟਕੀਅਹਿ–ਫਿਟਕਾਰੇ ਜਾਂਦੇ ਹਨ। ਸਚੁ–ਸਦਾ ਥਿਰ ਰਹਿਣ ਵਾਲਾ ਹਰਿ-ਨਾਮ। ਵਡਿਆਈ–ਆਦਰ। ਸਿਰਿ–ਸਿਰ ਉਤੇ। ਛਾਈ–ਸੁਆਹ। ਗੁਰਮੁਖਿ–ਗੁਰੂ ਦੀ ਸਰਨ ਪੈ ਕੇ। ੫।

ਅਰਥ :–ਹੇ ਭਾਈ ! ਸੰਸਾਰ ਵਿਚ ਜਿਸ ਥਾਂ ਭੀ ਜਾਈਏ,ਉਥੇ ਹੀ ਮਾਲਕ-ਪ੍ਰਭੂ ਹਾਜ਼ਰ ਹੈ।ਪਰਲੋਕ ਵਿਚ ਭੀ ਹਰ ਥਾਂ ਸੱਚਾ ਨਿਆਂ ਕਰਨ ਵਾਲਾ ਪਰਮਾਤਮਾ ਆਪ ਹੀ ਕਾਰ ਚਲਾ ਰਿਹਾ ਹੈ। (ਉਸ ਦੀ ਹਜ਼ੂਰੀ ਵਿਚ) ਮਾਇਆ-ਗ੍ਰਸੇ ਜੀਵਾਂ ਨੂੰ ਫਿਟਕਾਰਾਂ ਪੈਂਦੀਆਂ ਹਨ। (ਪਰ ਜਿਨ੍ਹਾਂ ਦੇ ਹਿਰਦੇ ਵਿਚ) ਸਦਾ-ਥਿਰ ਹਰਿ-ਨਾਮ ਵੱਸਦਾ ਹੈ ਪ੍ਰਭੂ ਦੀ ਭਗਤੀ ਟਿਕੀ ਹੋਈ ਹੈ,ਉਹਨਾਂ ਨੂੰ ਆਦਰ ਮਿਲਦਾ ਹੈ।

ਹੇ ਭਾਈ ! ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ ਉਸ ਦਾ ਇਨਸਾਫ਼ ਭੀ ਅਟੱਲ ਹੈ। (ਉਸ ਦੇ ਨਿਆਂ ਅਨੁਸਾਰ ਹੀ ਗੁਰਮੁਖਾਂ ਦੀ) ਨਿੰਦਾ ਕਰਨ ਵਾਲੇ ਬੰਦਿਆਂ ਦੇ ਸਿਰ ਸੁਆਹ ਪੈਂਦੀ ਹੈ।

ਹੇ ਨਾਨਕ ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸ਼ਰਨ ਪੈ ਕੇ ਸਦਾ-ਥਿਰ ਪ੍ਰਭੂ ਨੂੰ ਸਿਮਰਿਆ ਹੈ ਉਹਨਾਂ ਨੂੰ ਆਤਮਕ ਆਨੰਦ ਮਿਲਿਆ ਹੈ। ੫।

ਸਲੋਕ ਮ: ੩ ॥ ਪੂਰੈ ਭਾਗਿ ਸਤਿਗੁਰੁ ਪਾਈਐ ਜੇ ਹਰਿ ਪ੍ਰਭੁ ਬਖਸ ਕਰੇਇ ॥ ਓਪਾਵਾ ਸਿਰਿ ਓਪਾਉ ਹੈ ਨਾਉ ਪਰਾਪਤਿ ਹੋਇ ॥ ਅੰਦਰੁ ਸੀਤਲੁ ਸਾਂਤਿ ਹੈ ਹਿਰਦੈ ਸਦਾ ਸੁਖੁ ਹੋਇ ॥ ਅੰਮ੍ਰਿਤੁ ਖਾਣਾ ਪੈਨ੍ਹਣਾ ਨਾਨਕ ਨਾਇ ਵਡਿਆਈ ਹੋਇ ॥੧॥ [ਪੰਨਾ ੮੫੧]

ਪਦ ਅਰਥ :–ਪੂਰੈ ਭਾਗਿ–ਪੂਰੀ ਕਿਸਮਤ ਨਾਲ। ਬਖਸ–ਬਖ਼ਸ਼ਸ਼, ਮਿਹਰ। ਓਪਾਵਾ ਸਿਰ–ਸਾਰੇ ਉਪਾਵਾਂ ਦੇ ਸਿਰ ਉਤੇ, ਸਭ ਉਪਾਵਾਂ ਨਾਲੋਂ ਵਧੀਆ। ਅੰਦਰੁ–ਮਨ, ਹਿਰਦਾ। ਹਿਰਦੈ–ਹਿਰਦੇ ਵਿਚ। ਅੰਮ੍ਰਿਤੁ–ਆਤਮਕ ਜੀਵਨ ਦੇਣ ਵਾਲਾ ਨਾਮ-ਰਸ। ਨਾਇ–ਨਾਮ ਦੀ ਰਾਹੀਂ। ੧।

ਅਰਥ :–ਹੇ ਭਾਈ! ਜੇ ਪਰਮਾਤਮਾ ਮਿਹਰ ਕਰੇ ਤਾਂ (ਮਨੁੱਖ ਨੂੰ) ਵੱਡੀ ਕਿਸਮਤ ਨਾਲ ਗੁਰੂ ਮਿਲ ਪੈਂਦਾ ਹੈ।(ਗੁਰੂ ਦਾ ਮਿਲਣਾ ਹੀ)ਸਾਰੇ ਵਸੀਲਿਆਂ ਨਾਲੋਂ ਵਧੀਆ

ਵਸੀਲਾ ਹੈ (ਜਿਸ ਦੀ ਰਾਹੀਂ ਪਰਮਾਤਮਾ ਦਾ) ਨਾਮ ਹਾਸਲ ਹੁੰਦਾ ਹੈ। (ਨਾਮ ਦੀ ਬਰਕਤ ਨਾਲ ਮਨੁੱਖ ਦਾ) ਮਨ ਠੰਢਾ-ਠਾਰ ਹੋ ਜਾਂਦਾ ਹੈ (ਮਨੁੱਖ ਦੇ) ਹਿਰਦੇ ਵਿਚ ਸਦਾ ਆਨੰਦ ਬਣਿਆ ਰਹਿੰਦਾ ਹੈ। ਹੇ ਨਾਨਕ ! (ਸਤਿਗੁਰੂ ਦੇ ਮਿਲਣ ਨਾਲ ਜਿਸ ਮਨੁੱਖ ਦੀ) ਖ਼ੁਰਾਕ ਤੇ ਪੁਸ਼ਾਕ (ਭਾਵ, ਜ਼ਿੰਦਗੀ ਦਾ ਆਸਰਾ) ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਬਣ ਜਾਂਦਾ ਹੈ ਉਸ ਨੂੰ ਨਾਮ ਦੀ ਰਾਹੀਂ (ਹਰ ਥਾਂ) ਆਦਰ ਮਿਲਦਾ ਹੈ। ੧।

ਮ: ੩ ॥ ਏ ਮਨ ਗੁਰ ਕੀ ਸਿਖ ਸੁਣਿ ਪਾਇਹਿ ਗੁਣੀ ਨਿਧਾਨੁ ॥ ਸੁਖ ਦਾਤਾ ਤੇਰੈ ਮਨਿ ਵਸੈ ਹਉਮੈ ਜਾਇ ਅਭਿਮਾਨੁ ॥ ਨਾਨਕ ਨਦਰੀ ਪਾਈਐ ਅੰਮ੍ਰਿਤੁ ਗੁਣੀ ਨਿਧਾਨੁ ॥ ੨ ॥ [ਪੰਨਾ ੮੫੧]

ਪਦ ਅਰਥ :—ਏ ਮਨ—ਹੇ ਮਨ। ਸਿਖ—ਸਿੱਖ, ਸਿੱਖਿਆ। ਪਾਇਹਿ—ਤੂੰ ਲੱਭ ਲਏਂਗਾ। ਗੁਣੀ ਨਿਧਾਨੁ—ਗੁਣਾਂ ਦਾ ਖ਼ਜ਼ਾਨਾ ਪਰਮਾਤਮਾ। ਤੇਰੈ ਮਨਿ—ਤੇਰੇ ਮਨ ਵਿਚ। ਵਸੈ—ਵੱਸ ਪਏਗਾ, ਵੱਸਦਾ ਦਿੱਸ ਪਏਗਾ। ਜਾਇ—ਦੂਰ ਹੋ ਜਾਇਗਾ। ਨਦਰੀ—ਮਿਹਰ ਦੀ ਨਿਗਾਹ ਨਾਲ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ੧।

ਅਰਥ :—ਹੇ ਮਨ ! ਗੁਰੂ ਦੀ ਸਿੱਖਿਆ ਆਪਣੇ ਅੰਦਰ ਵਸਾ (ਇਸ ਤਰ੍ਹਾਂ) ਤੂੰ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨੂੰ ਲੱਭ ਲਏਂਗਾ। (ਸਾਰੇ) ਸੁਖ ਦੇਣ ਵਾਲਾ ਪਰਮਾਤਮਾ ਤੈਨੂੰ ਤੇਰੇ ਆਪਣੇ ਅੰਦਰ ਵੱਸਦਾ ਦਿੱਸ ਪਏਗਾ (ਤੇਰੇ ਅੰਦਰੋਂ) ਹਉਮੈ ਅਹੰਕਾਰ ਦੂਰ ਹੋ ਜਾਇਗਾ। ਹੇ ਨਾਨਕ ! ਆਤਮਕ ਜੀਵਨ ਦੇਣ ਵਾਲਾ ਤੇ ਸਾਰੇ ਗੁਣਾਂ ਦਾ ਖ਼ਜ਼ਾਨਾ ਪਰਮਾਤਮਾ (ਗੁਰੂ ਦੀ ਰਾਹੀਂ ਆਪਣੀ) ਮਿਹਰ ਦੀ ਨਿਗਾਹ ਨਾਲ (ਹੀ) ਮਿਲਦਾ ਹੈ। ੨।

ਪਉੜੀ॥ ਜਿਤਨੇ ਪਾਤਿਸਾਹ ਸਾਹ ਰਾਜੇ ਖਾਨ ਉਮਰਾਵ ਸਿਕਦਾਰ ਹਹਿ ਤਿਤਨੇ ਸਭਿ ਹਰਿ ਕੇ ਕੀਏ ॥ ਜੋ ਕਿਛੁ ਹਰਿ ਕਰਾਵੈ ਸੁ ਓਇ ਕਰਹਿ ਸਭਿ ਹਰਿ ਕੇ ਅਰਥੀਏ ॥ ਸੋ ਐਸਾ ਹਰਿ ਸਭਨਾ ਕਾ ਪ੍ਰਭੁ ਸਤਿਗੁਰ ਕੈ ਵਲਿ ਹੈ ਤਿਨਿ ਸਭਿ ਵਰਨ ਚਾਰੇ ਖਾਣੀ ਸਭ ਸ੍ਰਿਸਟਿ ਗੋਲੇ ਕਰਿ ਸਤਿਗੁਰ ਅਗੈ ਕਾਰ ਕਮਾਵਣ ਕਉ ਦੀਏ॥ ਹਰਿ ਸੇਵੇ ਕੀ ਐਸੀ ਵਡਿਆਈ ਦੇਖਹੁ ਹਰਿ ਸੰਤਹੁ ਜਿਨਿ ਵਿਚਹੁ ਕਾਇਆ ਨਗਰੀ ਦੁਸਮਨ ਦੂਤ ਸਭਿ ਮਾਰਿ ਕਢੀਏ ॥ ਹਰਿ ਹਰਿ ਕਿਰਪਾਲੁ ਹੋਆ ਭਗਤ ਜਨਾ ਉਪਰਿ ਹਰਿ ਆਪਣੀ ਕਿਰਪਾ ਕਰਿ ਹਰਿ ਆਪਿ ਰਖਿ ਲੀਏ ॥ ੬ ॥ [ਪੰਨਾ ੮੫੧]

ਪਦ ਅਰਥ :—ਸਿਕਦਾਰ—ਚੌਧਰੀ। ਹਹਿ—ਹਨ, ਹੈਂ। ਤਿਤਨੇ ਸਭਿ—ਉਹ

ਸਾਰੇ ਹੀ । ਕੀਏ-ਪੈਦਾ ਕੀਤੇ ਹੋਏ । ਓਇ [ਲਫ਼ਜ਼ 'ਓਹੁ' ਤੋਂ ਬਹੁ ਵਚਨ] । ਕਰਹਿ-ਕਰਦੇ ਹਨ । ਅਰਥੀਏ-ਮੰਗਤੇ । ਪ੍ਰਭੁ-ਮਾਲਕ । ਕੈ ਵਲਿ-ਦੇ ਪੱਖ ਵਿਚ । ਤਿਨਿ-ਉਸ (ਪ੍ਰਭੂ) ਨੇ । ਚਾਰੇ ਖਾਣੀ-ਚਹੁਆਂ ਖਾਣੀਆਂ ਦੇ ਜੀਵ । ਸਭ-ਸਾਰੀ । ਗੋਲੇ-ਦਾਸ । ਕਰਿ-ਬਣਾ ਕੇ । ਦੀਏ-ਰੱਖ ਦਿੱਤੇ ਹਨ । ਸੰਤਹੁ-ਹੇ ਸੰਤ ਜਨੋ ! ਜਿਨਿ-ਜਿਸ (ਹਰੀ) ਨੇ । ਵਡਿਆਈ-ਗੁਣ । ਕਾਇਆ-ਸਰੀਰ । ਮਾਰਿ-ਮਾਰ ਕੇ । ਕਰਿ-ਕਰ ਕੇ । ੬ ।

ਅਰਥ :-(ਹੇ ਭਾਈ ! ਜਗਤ ਵਿਚ) ਜਿਤਨੇ ਭੀ ਸ਼ਾਹ, ਪਾਤਿਸ਼ਾਹ, ਰਾਜੇ, ਖ਼ਾਨ, ਅਮੀਰ ਤੇ ਸਰਦਾਰ ਹਨ, ਉਹ ਸਾਰੇ ਪਰਮਾਤਮਾ ਦੇ (ਹੀ) ਪੈਦਾ ਕੀਤੇ ਹੋਏ ਹਨ । ਜੋ ਕੁਝ ਪਰਮਾਤਮਾ (ਉਹਨਾਂ ਪਾਸੋਂ) ਕਰਾਂਦਾ ਹੈ ਉਹੀ ਉਹ ਕਰਦੇ ਹਨ, ਉਹ ਸਾਰੇ ਪਰਮਾਤਮਾ ਦੇ (ਦਰ ਦੇ ਹੀ) ਮੰਗਤੇ ਹਨ ।

ਹੇ ਭਾਈ ! ਇਹੋ ਜਿਹੀ ਸਮਰਥਾ ਵਾਲਾ ਸਭਨਾਂ ਜੀਵਾਂ ਦਾ ਮਾਲਕ ਉਹ ਪਰਮਾਤਮਾ (ਸਦਾ) ਸਤਿਗੁਰੂ ਦੇ ਪੱਖ ਤੇ ਰਹਿੰਦਾ ਹੈ । ਉਸ ਪਰਮਾਤਮਾ ਨੇ ਚਹੁਆਂ ਵਰਨਾਂ ਚਹੁਆਂ ਖਾਣੀਆਂ ਦੇ ਸਾਰੇ ਜੀਵ ਸਾਰੀ ਹੀ ਸ੍ਰਿਸ਼ਟੀ (ਦੇ ਜੀਵ) (ਗੁਰੂ ਦੇ)ਸੇਵਕ ਬਣਾ ਕੇ ਗੁਰੂ ਦੇ ਦਰ ਤੇ ਸੇਵਾ ਕਰਨ ਲਈ ਖੜੇ ਕੀਤੇ ਹੋਏ ਹਨ ।

ਹੇ ਸੰਤ ਜਨੋ ! ਵੇਖੋ, ਪਰਮਾਤਮਾ ਦੀ ਭਗਤੀ ਕਰਨ ਦਾ ਇਹ ਗੁਣ ਹੈ ਕਿ ਉਸ (ਪਰਮਾਤਮਾ) ਨੇ (ਭਗਤੀ ਕਰਨ ਵਾਲੇ ਆਪਣੇ ਸੇਵਕ ਦੇ) ਸਰੀਰ-ਨਗਰ ਵਿਚੋਂ (ਕਾਮਾਦਿਕ) ਸਾਰੇ ਵੈਰੀ ਦੁਸ਼ਮਨ ਮਾਰ ਕੇ (ਬਾਹਰ) ਕੱਢ ਦਿੱਤੇ ਹੁੰਦੇ ਹਨ । ਹੇ ਭਾਈ ! ਪਰਮਾਤਮਾ ਆਪਣੇ ਭਗਤਾਂ ਉਤੇ (ਸਦਾ) ਦਇਆਵਾਨ ਹੁੰਦਾ ਹੈ । ਪਰਮਾਤਮਾ ਮਿਹਰ ਕਰ ਕੇ (ਆਪਣੇ ਭਗਤਾਂ ਨੂੰ ਕਾਮਾਦਿਕ ਵੈਰੀਆਂ ਤੋਂ) ਆਪ ਬਚਾਂਦਾ ਹੈ । ੬ ।

ਸਲੋਕ ਮ: ੩ ।। ਅੰਦਰਿ ਕਪਟੁ ਸਦਾ ਦੁਖੁ ਹੈ ਮਨਮੁਖ ਧਿਆਨੁ ਨ ਲਾਗੈ ।। ਦੁਖ ਵਿਚਿ ਕਾਰ ਕਮਾਵਣੀ ਦੁਖੁ ਵਰਤੈ ਦੁਖੁ ਆਗੈ ।। ਕਰਮੀ ਸਤਿਗੁਰੁ ਭੇਟੀਐ ਤਾ ਸਚਿ ਨਾਮਿ ਲਿਵ ਲਾਗੈ ।। ਨਾਨਕ ਸਹਜੇ ਸੁਖੁ ਹੋਇ ਅੰਦਰਹੁ ਭ੍ਰਮੁ ਭਉ ਭਾਗੈ ।। ੧ ।। [ਪੰਨਾ ੮੫੧]

ਪਦ ਅਰਥ :-ਕਪਟੁ-ਖੋਟ । ਮਨਮੁਖ-ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ । ਧਿਆਨੁ ਨ ਲਾਗੈ-ਸੁਰਤਿ ਨਹੀਂ ਜੁੜਦੀ । ਵਰਤੈ-ਵਾਪਰਦਾ ਹੈ । ਆਗੈ-ਅਗਾਂਹ, ਪਰਲੋਕ ਵਿਚ । ਕਰਮੀ-(ਪਰਮਾਤਮਾ ਦੀ) ਮਿਹਰ ਨਾਲ । ਭੇਟੀਐ-ਮਿਲਦਾ ਹੈ । ਤਾ-ਤਦੋਂ । ਸਚਿ-ਸਦਾ-ਥਿਰ ਵਿਚ । ਸਚਿ ਨਾਮਿ-ਸਦਾ-ਥਿਰ ਹਰਿ-ਨਾਮ ਵਿਚ । ਸਹਜੇ-ਆਤਮਕ ਅਡੋਲਤਾ ਵਿਚ । ਅੰਦਰਹੁ-ਮਨ ਵਿਚੋਂ । ਭ੍ਰਮੁ-ਭਟਕਣਾ । ਭਉ-ਸਹਿਮ । ੧ ।

ਅਰਥ :–ਹੇ ਭਾਈ ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੇ ਮਨ ਵਿਚ ਖੋਟ ਟਿਕਿਆ ਰਹਿੰਦਾ ਹੈ (ਇਸ ਵਾਸਤੇ ਉਸ ਨੂੰ) ਸਦਾ (ਆਤਮਕ) ਕਲੇਸ਼ ਰਹਿੰਦਾ ਹੈ, ਉਸ ਦੀ ਸੁਰਤਿ (ਪਰਮਾਤਮਾ ਵਿਚ) ਨਹੀਂ ਜੁੜਦੀ। ਉਸ ਮਨੁੱਖ ਦੀ ਸਾਰੀ ਕਿਰਤ-ਕਾਰ ਦੁੱਖ-ਕਲੇਸ਼ ਵਿਚ ਹੀ ਹੁੰਦੀ ਹੈ (ਹਰ ਵੇਲੇ ਉਸ ਨੂੰ) ਕਲੇਸ਼ ਹੀ ਵਾਪਰਦਾ ਰਹਿੰਦਾ ਹੈ, ਪਰਲੋਕ ਵਿਚ ਭੀ ਉਸ ਦੇ ਵਾਸਤੇ ਕਲੇਸ਼ ਹੀ ਹੈ।

ਹੇ ਨਾਨਕ ! (ਜਦੋਂ ਪਰਮਾਤਮਾ ਦੀ) ਮਿਹਰ ਨਾਲ (ਮਨੁੱਖ ਨੂੰ) ਗੁਰੂ ਮਿਲਦਾ ਹੈ ਤਦੋਂ ਸਦਾ-ਥਿਰ ਹਰਿ-ਨਾਮ ਵਿਚ ਉਸ ਦੀ ਲਗਨ ਲੱਗ ਜਾਂਦੀ ਹੈ, ਆਤਮਕ ਅਡੋਲਤਾ ਵਿਚ (ਟਿਕਣ ਕਰਕੇ ਉਸ ਨੂੰ ਆਤਮਕ) ਆਨੰਦ ਮਿਲਿਆ ਰਹਿੰਦਾ ਹੈ ਤੇ ਉਸ ਦੇ ਮਨ ਵਿਚੋਂ ਭਟਕਣਾ ਦੂਰ ਹੋ ਜਾਂਦੀ ਹੈ ਸਹਿਮ ਦੂਰ ਹੋ ਜਾਂਦਾ ਹੈ। ੧।

ਮः ੩ ।। ਗੁਰਮੁਖਿ ਸਦਾ ਹਰਿ ਰੰਗੁ ਹੈ ਹਰਿ ਕਾ ਨਾਉ ਮਨਿ ਭਾਇਆ ।। ਗੁਰਮੁਖਿ ਵੇਖਣੁ ਬੋਲਣਾ ਨਾਮੁ ਜਪਤ ਸੁਖੁ ਪਾਇਆ ।। ਨਾਨਕ ਗੁਰਮੁਖਿ ਗਿਆਨੁ ਪ੍ਰਗਾਸਿਆ ਤਿਮਰ ਅਗਿਆਨੁ ਅੰਧੇਰੁ ਚੁਕਾਇਆ ।। ੨ ।। [ਪੰਨਾ ੮੫੧]

ਪਦ ਅਰਥ :–ਗੁਰਮੁਖਿ–ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਮਨਿ–ਮਨ ਵਿਚ। ਭਾਇਆ–ਪਿਆਰਾ ਲੱਗਦਾ ਹੈ। ਗਿਆਨੁ–ਆਤਮਕ ਜੀਵਨ ਦੀ ਸੂਝ। ਤਿਮਰ–ਹਨੇਰਾ। ਅਗਿਆਨੁ–ਆਤਮਕ ਜੀਵਨ ਵਲੋਂ ਬੇ-ਸਮਝੀ। ਚੁਕਾਇਆ–ਮੁੱਕ ਜਾਂਦਾ ਹੈ। ੨।

ਅਰਥ :–ਹੇ ਭਾਈ ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ (ਉਸ ਦੇ ਅੰਦਰ) ਸਦਾ ਪਰਮਾਤਮਾ ਦੇ ਨਾਮ ਦੀ ਰੰਗਣ ਚੜ੍ਹੀ ਰਹਿੰਦੀ ਹੈ,ਉਸ ਨੂੰ ਪਰਮਾਤਮਾ ਦਾ ਨਾਮ (ਆਪਣੇ) ਮਨ ਵਿਚ ਪਿਆਰਾ ਲੱਗਦਾ ਹੈ। (ਉਹ ਮਨੁੱਖ ਹਰ ਥਾਂ ਪਰਮਾਤਮਾ ਨੂੰ ਹੀ) ਵੇਖਦਾ ਹੈ (ਸਦਾ ਪਰਮਾਤਮਾ ਦਾ) ਨਾਮ ਹੀ ਉਚਾਰਦਾ ਹੈ, ਨਾਮ ਜਪਦਿਆਂ ਉਸ ਨੂੰ ਆਤਮਕ ਆਨੰਦ ਮਿਲਿਆ ਰਹਿੰਦਾ ਹੈ।

ਹੇ ਨਾਨਕ ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦੇ ਅੰਦਰ ਆਤਮਕ ਜੀਵਨ ਦੀ ਸੂਝ ਦਾ ਚਾਨਣ ਹੋ ਜਾਂਦਾ ਹੈ (ਜਿਸ ਦੀ ਬਰਕਤ ਨਾਲ ਉਸ ਦੇ ਅੰਦਰੋਂ) ਸਹੀ ਜੀਵਨ ਦੀ ਸੂਝ ਵਲੋਂ ਬੇ-ਸਮਝੀ ਦਾ ਘੁੱਪ ਹਨੇਰਾ ਮੁੱਕ ਜਾਂਦਾ ਹੈ। ੨।

ਮः ੩ ।। ਮਨਮੁਖ ਮੈਲੇ ਮਰਹਿ ਗਵਾਰ ॥ ਗੁਰਮੁਖਿ ਨਿਰਮਲ ਹਰਿ ਰਾਖਿਆ ਉਰਧਾਰਿ ।। ਭਨਤਿ ਨਾਨਕੁ ਸੁਣਹੁ ਜਨ ਭਾਈ ।। ਸਤਿਗੁਰੁ ਸੇਵਿਹੁ ਹਉਮੈ ਮਲੁ ਜਾਈ॥ ਅੰਦਰਿ ਸੰਸਾ ਦੂਖੁ ਵਿਆਪੇ ਸਿਰਿ ਧੰਧਾ ਨਿਤ

ਮਾਰ ॥ ਦੂਜੈ ਭਾਇ ਸੂਤੇ ਕਬਹੁ ਨ ਜਾਗਹਿ ਮਾਇਆ ਮੋਹ ਪਿਆਰ ॥ ਨਾਮੁ ਨ ਚੇਤਹਿ ਸਬਦੁ ਨ ਵੀਚਾਰਹਿ ਇਹੁ ਮਨਮੁਖ ਕਾ ਬੀਚਾਰ ॥ ਹਰਿਨਾਮੁ ਨ ਭਾਇਆ ਬਿਰਥਾ ਜਨਮੁ ਗਵਾਇਆ ਨਾਨਕ ਜਮੁ ਮਾਰਿ ਕਰੇ ਖੁਆਰ ॥ ੩ ॥ [੯੫੧]

ਪਦ ਅਰਥ :—ਮੈਲੇ—ਵਿਕਾਰੀ ਮਨ ਵਾਲੇ। ਮਰਹਿ—ਆਤਮਕ ਮੌਤ ਸਹੇੜਦੇ ਹਨ। ਗਵਾਰ—ਮੂਰਖ। ਨਿਰਮਲ—ਪਵਿੱਤਰ ਜੀਵਨ ਵਾਲੇ। ਉਰ—ਹਿਰਦਾ। ਧਾਰਿ—ਟਿਕਾ ਕੇ। ਭਨਤਿ—ਆਖਦਾ ਹੈ। ਜਨ ਭਾਈ—ਹੇ ਜਨੋ! ਹੇ ਭਾਈ! ਸੇਵਿਹੁ—ਕਾਰ ਕਰਦੇ ਰਹੋ। ਸੰਸਾ—ਸਹਿਮ, ਚਿੰਤਾ। ਵਿਆਪੇ—ਜੋਰ ਪਾਈ ਰੱਖਦਾ ਹੈ। ਸਿਰਿ—ਸਿਰ ਉਤੇ। ਧੰਧਾ—ਕਜ਼ੀਆ। ਮਾਰ—ਖਪਾਨਾ। ਦੂਜੈ ਭਾਇ—ਮਾਇਆ ਦੇ ਪਿਆਰ ਵਿਚ। ਨ ਚੇਤਹਿ—ਨਹੀਂ ਸਿਮਰਦੇ। ਬੀਚਾਰ—ਸੋਚਣ ਦਾ ਢੰਗ। ਭਾਇਆ—ਚੰਗਾ ਲੱਗਾ। ਜਮੁ—(ਆਤਮਕ) ਮੌਤ। ਮਾਰਿ—ਮਾਰ ਕੇ, ਸਹੀ ਆਤਮਕ ਜੀਵਨ ਮੁਕਾ ਕੇ। ੩।

ਅਰਥ :—ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੂਰਖ ਮਨੁਖ ਵਿਕਾਰੀ ਮਨ ਵਾਲੇ ਰਹਿੰਦੇ ਹਨ ਤੇ ਆਤਮਕ ਮੌਤ ਸਹੇੜ ਲੈਂਦੇ ਹਨ। ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਵਿੱਤਰ ਜੀਵਨ ਵਾਲੇ ਹੁੰਦੇ ਹਨ (ਕਿਉਂਕਿ ਉਹਨਾਂ ਨੇ) ਪਰਮਾਤਮਾ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਟਿਕਾ ਰੱਖਿਆ ਹੁੰਦਾ ਹੈ। ਨਾਨਕ ਆਖਦਾ ਹੈ—ਹੇ ਭਾਈ ਜਨੋ! ਸੁਣੋ, ਗੁਰੂ ਦੇ ਦੱਸੇ ਰਾਹ ਉਤੇ ਤੁਰਿਆ ਕਰੋ (ਇਸ ਤਰ੍ਹਾਂ ਅੰਦਰੋਂ) ਹਉਮੈ ਦੀ ਮੈਲ ਦੂਰ ਹੋ ਜਾਂਦੀ ਹੈ।

ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਦੇ ਅੰਦਰ ਸਹਿਮ ਤੇ ਕਲੇਸ਼ ਜ਼ੋਰ ਪਾਈ ਰੱਖਦਾ ਹੈ, ਉਹਨਾਂ ਦੇ ਸਿਰ ਉਤੇ (ਇਹੋ ਜਿਹਾ) ਕਜ਼ੀਆ ਖਪਾਨਾ ਬਣਿਆ ਹੀ ਰਹਿੰਦਾ ਹੈ। ਮਾਇਆ ਦੇ ਪਿਆਰ ਵਿਚ (ਫਸ ਕੇ ਉਹ ਸਹੀ ਜੀਵਨ ਵਲੋਂ) ਸੁੱਤੇ ਰਹਿੰਦੇ ਹਨ, ਕਦੇ ਹੋਸ਼ ਨਹੀਂ ਕਰਦੇ। ਮਾਇਆ ਦਾ ਮੋਹ ਮਾਇਆ ਦਾ ਪਿਆਰ (ਇਤਨਾ ਪ੍ਰਬਲ ਹੁੰਦਾ ਹੈ ਕਿ) ਉਹ ਕਦੇ ਹਰਿ-ਨਾਮ ਨਹੀਂ ਸਿਮਰਦੇ, ਸਿਫ਼ਤਿ ਸਾਲਾਹ ਦੀ ਬਾਣੀ ਨੂੰ ਨਹੀਂ ਵਿਚਾਰਦੇ—ਬੱਸ! ਮਨ ਦੇ ਮੁਰੀਦ ਬੰਦਿਆਂ ਦਾ ਸੋਚਣ ਦਾ ਢੰਗ ਹੀ ਇਹ ਬਣ ਜਾਂਦਾ ਹੈ। ਉਹਨਾਂ ਨੂੰ ਪਰਮਾਤਮਾ ਦਾ ਨਾਮ ਚੰਗਾ ਨਹੀਂ ਲੱਗਦਾ, ਉਹ ਆਪਣੀ ਜ਼ਿੰਦਗੀ ਵਿਅਰਥ ਗਵਾ ਲੈਂਦੇ ਹਨ, ਆਤਮਕ ਮੌਤ ਉਹਨਾਂ ਦੇ ਸਹੀ ਜੀਵਨ ਨੂੰ ਮਾਰ-ਮੁਕਾ ਕੇ ਉਹਨਾਂ ਨੂੰ ਖ਼ੁਆਰ ਕਰਦੀ ਹੈ। ੩।

ਪਉੜੀ ॥ ਜਿਸ ਨੋ ਹਰਿ ਭਗਤਿ ਸਚੁ ਬਖਸੀਅਨੁ ਸੋ ਸਚਾ ਸਾਹੁ ॥ ਤਿਸ ਕੀ ਮੁਹਤਾਜੀ ਲੋਕੁ ਕਢਦਾ ਹੋਰਤੁ ਹਟਿ ਨ ਵਥੁ ਨ ਵੇਸਾਹੁ ॥ ਭਗਤ

ਜਨਾ ਕਉ ਸਨਮੁਖੁ ਹੋਵੈ ਸੁ ਹਰਿ ਰਾਸਿ ਲਏ ਵੇਮੁਖ ਭਸੁ ਪਾਹੁ ॥ ਹਰਿ ਕੇ ਨਾਮ ਕੇ ਵਾਪਾਰੀ ਹਰਿ ਭਗਤ ਹਹਿ ਜਮੁ ਜਾਗਾਤੀ ਤਿਨਾ ਨੇੜਿ ਨ ਜਾਹੁ ॥ ਜਨ ਨਾਨਕਿ ਹਰਿਨਾਮ ਧਨੁ ਲਦਿਆ ਸਦਾ ਵੇਪਰਵਾਹੁ ॥੭॥ [੮੫੨]

ਪਦ ਅਰਥ :—ਜਿਸ ਨੋ—[ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ]। ਸਚੁ—ਸਦਾ-ਥਿਰ ਨਾਮ-ਧਨ। ਬਖਸੀਅਨੁ—ਬਖ਼ਸ਼ੀ ਹੈ ਉਸ (ਪ੍ਰਭੂ) ਨੇ। ਸਚਾ ਸਾਹੁ—ਉਹ ਸ਼ਾਹੂਕਾਰ ਜਿਸ ਪਾਸੋਂ ਧਨ ਕਦੇ ਮੁੱਕਦਾ ਨਹੀਂ। ਤਿਸ ਕੀ—[ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ]। ਮੁਹਤਾਜੀ—ਮੁਥਾਜੀ, ਖ਼ੁਸ਼ਾਮਦ। ਹੋਰਤੁ ਹਟਿ—ਕਿਸੇ ਹੋਰ ਹੱਟ ਵਿਚ। ਵਥੁ—ਸੌਦਾ। ਵੇਸਾਹੁ—ਵਣਜ, ਵਪਾਰ। ਕਉ—ਨੂੰ, ਵਲ। ਸਨਮੁਖ—ਸਾਹਮਣੇ ਮੂੰਹ ਰੱਖਣ ਵਾਲਾ। ਰਾਸਿ—ਸਰਮਾਇਆ। ਵੇਮੁਖ—ਪਰੇ ਮੂੰਹ ਰੱਖਣ ਵਾਲਾ, ਪਿੱਠ ਦੇਣ ਵਾਲਾ। ਭਸੁ—ਸੁਆਹ, ਖ਼ਜ਼ਾਲਤ, ਖ਼ੁਆਰੀ। ਪਾਹੁ—ਪੈਂਦੀ ਹੈ। ਹਹਿ—ਹਨ। ਜਾਗਾਤੀ—ਮਸੂਲੀਆ। ਨਾਨਕਿ—ਨਾਨਕ ਨੇ। ਵੇਪਰਵਾਹੁ—ਬੇ-ਮੁਥਾਜ। ੭।

ਅਰਥ :—ਹੇ ਭਾਈ ! ਪਰਮਾਤਮਾ ਦੀ ਭਗਤੀ ਸਦਾ ਕਾਇਮ ਰਹਿਣ ਵਾਲਾ ਧਨ ਹੈ। ਜਿਸ ਮਨੁੱਖ ਨੂੰ ਪਰਮਾਤਮਾ ਨੇ ਭਗਤੀ (ਦੀ ਦਾਤਿ) ਬਖ਼ਸ਼ੀ, ਉਹ ਸਦਾ ਲਈ ਸ਼ਾਹੂਕਾਰ ਬਣ ਗਿਆ। ਸਾਰਾ ਜਗਤ ਉਸ ਦੇ ਦਰ ਦਾ ਅਰਥੀਆ ਬਣਦਾ ਹੈ (ਕਿਉਂਕਿ) ਕਿਸੇ ਹੋਰ ਹੱਟ ਵਿਚ ਨਾਂਹ ਇਹ ਸੌਦਾ ਹੁੰਦਾ ਹੈ ਨਾਹ ਇਸ ਦਾ ਵਣਜ ਹੁੰਦਾ ਹੈ। ਜਿਹੜਾ ਮਨੁੱਖ ਭਗਤ ਜਨਾਂ ਵਲ ਆਪਣਾ ਮੂੰਹ ਰੱਖਦਾ ਹੈ, ਉਸ ਨੂੰ ਇਹ ਸਰਮਾਇਆ ਮਿਲ ਜਾਂਦਾ ਹੈ, ਪਰ ਭਗਤ ਜਨਾਂ ਵਲੋਂ ਮੂੰਹ ਮੋੜਨ ਵਾਲੇ ਦੇ ਸਿਰ ਸੁਆਹ ਹੀ ਪੈਂਦੀ ਹੈ।

ਹੇ ਭਾਈ ! ਪਰਮਾਤਮਾ ਦੇ ਭਗਤ ਪਰਮਾਤਮਾ ਦੇ ਨਾਮ ਦਾ ਵਣਜ ਕਰਦੇ ਹਨ, ਜਮ ਮਸੂਲੀਆ ਉਹਨਾਂ ਦੇ ਨੇੜੇ ਨਹੀਂ ਢੁਕਦਾ। ਦਾਸ ਨਾਨਕ ਨੇ (ਭੀ) ਪਰਮਾਤਮਾ ਦੇ ਨਾਮ-ਧਨ ਦਾ ਸੌਦਾ ਲੱਦਿਆ ਹੈ (ਇਸ ਵਾਸਤੇ ਦੁਨੀਆ ਦੇ ਧਨ ਵਲੋਂ) ਬੇ-ਮੁਥਾਜ ਰਹਿੰਦਾ ਹੈ। ੭।

ਸਲੋਕ ਮ: ੩ ॥ ਇਸੁ ਜੁਗ ਮਹਿ ਭਗਤੀ ਹਰਿ ਧਨੁ ਖਟਿਆ ਹੋਰੁ ਸਭੁ ਜਗਤੁ ਭਰਮਿ ਭੁਲਾਇਆ ॥ ਗੁਰ ਪਰਸਾਦੀ ਨਾਮੁ ਮਨਿ ਵਸਿਆ ਅਨਦਿਨੁ ਨਾਮੁ ਧਿਆਇਆ ॥ ਬਿਖਿਆ ਮਾਹਿ ਉਦਾਸ ਹੈ ਹਉਮੈ ਸਬਦਿ ਜਲਾਇਆ ॥ ਆਪਿ ਤਰਿਆ ਕੁਲ ਉਧਰੇ ਧੰਨੁ ਜਣੇਦੀ ਮਾਇਆ ॥ ਸਦਾ ਸਹਜੁ ਸੁਖੁ ਮਨਿ ਵਸਿਆ ਸਚੇ ਸਿਉ ਲਿਵ ਲਾਇਆ ॥ ਬ੍ਰਹਮਾ ਬਿਸਨੁ

ਮਹਾਦੇਉ ਤ੍ਰੈਗੁਣ ਭੁਲੇ ਹਉਮੈ ਮੋਹੁ ਵਧਾਇਆ ॥ ਪੰਡਿਤ ਪੜਿ ਪੜਿ ਮੋਨੀ ਭੁਲੇ ਦੂਜੈ ਭਾਇ ਚਿਤੁ ਲਾਇਆ ॥ ਜੋਗੀ ਜੰਗਮ ਸੰਨਿਆਸੀ ਭੁਲੇ ਵਿਣੁ ਗੁਰ ਤਤੁ ਨ ਪਾਇਆ ॥ ਮਨਮੁਖ ਦੁਖੀਏ ਸਦਾ ਭ੍ਰਮਿ ਭੁਲੇ ਤਿਨ੍ਹੀ ਬਿਰਥਾ ਜਨਮੁ ਗਵਾਇਆ ॥ ਨਾਨਕ ਨਾਮਿ ਰਤੇ ਸੇਈ ਜਨ ਸਮਧੇ ਜਿ ਆਪੇ ਬਖਸਿ ਮਿਲਾਇਆ ॥ ੧ ॥ [ਪੰਨਾ ੯੫੨]

ਪਦ ਅਰਥ :–ਇਸੁ ਜੁਗ ਮਹਿ–ਇਸ ਮਨੁੱਖਾ ਜੀਵਨ ਵਿਚ। ਭਗਤੀ–ਭਗਤੀਂ, ਭਗਤਾਂ ਨੇ। ਸਭੁ–ਸਾਰਾ। ਭਰਮਿ–ਭਟਕਣਾ ਵਿਚ (ਪੈ ਕੇ)। ਭੁਲਾਇਆ–ਕੁਰਾਹੇ ਪਿਆ ਹੋਇਆ ਹੈ। ਪਰਸਾਦੀ–ਪਰਸਾਦਿ, ਕਿਰਪਾ ਨਾਲ। ਮਨਿ–ਮਨ ਵਿਚ। ਅਨਦਿਨੁ–ਹਰ ਰੋਜ਼, ਹਰ ਵੇਲੇ। ਬਿਖਿਆ–ਮਾਇਆ। ਉਦਾਸ–ਉਪਰਾਮ, ਨਿਰਲੇਪ। ਸਬਦਿ–ਸ਼ਬਦ ਦੀ ਰਾਹੀਂ। ਉਧਰੇ–ਬਚ ਗਏ। ਜਣੇਦੀ ਮਾਇਆ–ਜੰਮਣ ਵਾਲੀ ਮਾਂ। ਸਹਜ ਸੁਖੁ–ਆਤਮਕ ਅਡੋਲਤਾ ਦਾ ਆਨੰਦ। ਸਚੇ ਸਿਉ–ਸਦਾ-ਥਿਰ ਪ੍ਰਭੂ ਨਾਲ। ਲਿਵ–ਲਗਨ। ਮਹਾਦੇਉ–ਸ਼ਿਵ ਜੀ। ਭੁਲੇ–ਗ਼ਲਤੀ ਖਾ ਗਏ। ਪੜਿ–ਪੜ੍ਹ ਕੇ। ਮੋਨੀ–ਸਮਾਧੀਆਂ ਲਾਣ ਵਾਲੇ। ਦੂਜੈ ਭਾਇ–ਮਾਇਆ ਦੇ ਮੋਹ ਵਿਚ। ਜੰਗਮ–ਸ਼ੈਵ ਮਤ ਦੇ ਰਮਤੇ। ਤਤੁ–ਅਸਲ ਚੀਜ਼। ਮਨਮੁਖ–ਆਪਣੇ ਮਨ ਦੇ ਪਿੱਛੇ ਤੁਰਨ ਵਾਲੇ। ਭ੍ਰਮਿ–ਭਟਕਣਾ ਵਿਚ (ਪੈ ਕੇ)। ਨਾਮਿ–ਨਾਮ ਵਿਚ। ਰਤੇ–ਰੱਤੇ, ਰੰਗੇ ਹੋਏ। ਸਮਧੇ–ਸਮਾਧੀ ਵਾਲੇ ਹੋਏ, ਪੂਰਨ ਅਵਸਥਾ ਵਾਲੇ ਬਣੇ। ਜਿ–ਜਿਨ੍ਹਾਂ ਨੂੰ। ਬਖਸਿ–ਬਖ਼ਸ਼ਸ਼ ਕਰ ਕੇ, ਮਿਹਰ ਕਰ ਕੇ। ੧।

ਅਰਥ :–ਹੇ ਭਾਈ! ਇਸ ਮਨੁੱਖਾ ਜਨਮ ਵਿਚ (ਸਿਰਫ਼) ਭਗਤਾਂ ਨੇ (ਹੀ) ਪਰਮਾਤਮਾ ਦਾ ਨਾਮ-ਧਨ ਖੱਟਿਆ ਹੈ, ਹੋਰ ਸਾਰਾ ਜਗਤ (ਮਾਇਆ ਦੀ) ਭਟਕਣਾ ਵਿਚ (ਪੈ ਕੇ, ਸਹੀ ਜੀਵਨ-ਰਾਹ ਤੋਂ) ਖੁੰਝਿਆ ਰਹਿੰਦਾ ਹੈ। (ਜਿਸ ਮਨੁੱਖ ਦੇ) ਮਨ ਵਿਚ ਗੁਰੂ ਦੀ ਮਿਹਰ ਨਾਲ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ ਹਰ ਵੇਲੇ ਨਾਮ ਸਿਮਰਦਾ ਹੈ। ਉਹ ਮਾਇਆ ਵਿਚ (ਵਿਚਰਦਾ ਹੋਇਆ ਭੀ ਮਾਇਆ ਦੇ ਮੋਹ ਤੋਂ) ਨਿਰਲੇਪ ਰਹਿੰਦਾ ਹੈ, ਗੁਰੂ ਦੇ ਸ਼ਬਦ ਦੀ ਬਰਕਤ ਨਾਲ (ਉਹ ਆਪਣੇ ਅੰਦਰੋਂ) ਹਉਮੈ ਸਾੜ ਦੇਂਦਾ ਹੈ। ਧੰਨ ਹੈ ਉਸ ਦੀ ਜੰਮਣ ਵਾਲੀ ਮਾਂ! ਉਹ ਆਪ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ (ਉਸ ਦਾ ਸਦਕਾ ਉਸ ਦੀਆਂ) ਕੁਲਾਂ ਭੀ (ਸੰਸਾਰ-ਸਮੁੰਦਰ ਵਿਚ ਡੁੱਬਣੋਂ) ਬਚ ਜਾਂਦੀਆਂ ਹਨ।

(ਹੇ ਭਾਈ! ਗੁਰੂ ਦੀ ਸਰਨ ਪੈਣ ਤੋਂ ਬਿਨਾ) ਬ੍ਰਹਮਾ, ਵਿਸ਼ਨੂ, ਸ਼ਿਵ ਜੀ (ਵਰਗੇ ਵੱਡੇ ਵੱਡੇ ਦੇਵਤੇ ਭੀ) ਮਾਇਆ ਦੇ ਤ੍ਰਿੰਨ ਗੁਣਾਂ ਦੇ ਕਾਰਨ ਸਹੀ ਜੀਵਨ-ਰਾਹ ਤੋਂ ਖੁੰਝਦੇ

ਰਹੇ (ਉਹਨਾਂ ਦੇ ਅੰਦਰ) ਹਉਮੈ ਵਧਦੀ ਰਹੀ (ਮਾਇਆ ਦਾ) ਮੋਹ ਵਧਦਾ ਰਿਹਾ। (ਹੇ ਭਾਈ ! ਗੁਰੂ ਦੀ ਸਰਨ ਤੋਂ ਬਿਨਾ) ਪੰਡਿਤ (ਵੇਦ ਆਦਿਕ ਧਰਮ-ਪੁਸਤਕ) ਪੜ੍ਹ ਪੜ੍ਹ ਕੇ (ਭੀ) ਖੁੰਝਦੇ ਰਹੇ, ਮੁਨੀ ਲੋਕ (ਮੋਨ ਧਾਰ ਕੇ) ਖੁੰਝਦੇ ਰਹੇ, (ਉਹਨਾਂ ਨੇ ਭੀ) ਮਾਇਆ ਦੇ ਮੋਹ ਵਿਚ ਹੀ ਆਪਣਾ ਚਿੱਤ ਜੋੜੀ ਰੱਖਿਆ। ਹੇ ਭਾਈ ! ਗੁਰੂ ਤੋਂ ਬਿਨਾ ਜੋਗੀ ਜੰਗਮ ਸੰਨਿਆਸੀ ਭੀ ਕੁਰਾਹੇ ਪਏ ਰਹੇ, ਉਹਨਾਂ ਨੇ ਭੀ ਅਸਲੀ ਵਸਤ ਨਾਂਹ ਲੱਭੀ।

ਹੇ ਭਾਈ ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਸਦਾ ਦੁਖੀ ਹੀ ਰਹੇ, ਭਟਕਣਾ ਵਿਚ ਪੈ ਕੇ ਸਹੀ ਜੀਵਨ-ਰਾਹ ਤੋਂ ਖੁੰਝੇ ਹੀ ਰਹੇ, ਉਹਨਾਂ ਆਪਣਾ ਜਨਮ ਵਿਅਰਥ ਹੀ ਗਵਾਇਆ।

ਪਰ, ਹੇ **ਨਾਨਕ** ! (ਜੀਵਾਂ ਦੇ ਕੀਹ ਵੱਸ ?) ਜਿਨ੍ਹਾਂ ਮਨੁੱਖਾਂ ਨੂੰ (ਪਰਮਾਤਮਾ) ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਮਿਲਾਂਦਾ ਹੈ, ਉਹ (ਉਸ ਦੇ) ਨਾਮ ਵਿਚ ਰੰਗੇ ਰਹਿੰਦੇ ਹਨ ਤੇ ਉਹੀ ਕਾਮਯਾਬ ਜੀਵਨ ਵਾਲੇ ਹੁੰਦੇ ਹਨ। ੧।

ਮ: ੩ ॥ ਨਾਨਕ ਸੋ ਸਾਲਾਹੀਐ ਜਿਸੁ ਵਸਿ ਸਭੁ ਕਿਛੁ ਹੋਇ ॥ ਤਿਸਹਿ ਸਰੇਵਹੁ ਪ੍ਰਾਣੀਹੋ ਤਿਸੁ ਬਿਨੁ ਅਵਰੁ ਨ ਕੋਇ ॥ ਗੁਰਮੁਖਿ ਅੰਤਰਿ ਮਨਿ ਵਸੈ ਸਦਾ ਸਦਾ ਸੁਖੁ ਹੋਇ ॥ ੨ ॥ [ਪੰਨਾ ੯੫੨]

ਪਦ ਅਰਥ :—ਨਾਨਕ—ਹੇ ਨਾਨਕ ! ਸਾਲਾਹੀਐ—ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ। ਜਿਸੁ ਵਸਿ—ਜਿਸ (ਪਰਮਾਤਮਾ) ਦੇ ਵੱਸ ਵਿਚ। ਸਭੁ ਕਿਛੁ—ਹਰੇਕ ਚੀਜ਼। ਸਰੇਵਹੁ—ਸਿਮਰੋ। ਪ੍ਰਾਣੀਹੋ—ਹੇ ਪ੍ਰਾਣੀਓ ! ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਅੰਤਰਿ—ਅੰਦਰ, ਹਿਰਦੇ ਵਿਚ। ਮਨਿ—ਮਨ ਵਿਚ। ੨।

ਅਰਥ :—ਹੇ ਨਾਨਕ ! (ਆਖ—ਹੇ ਭਾਈ !) ਜਿਸ ਪਰਮਾਤਮਾ ਦੇ ਇਖ਼ਤਿਆਰ ਵਿਚ ਹਰੇਕ ਚੀਜ਼ ਹੈ ਉਸ ਦੀ ਸਿਫ਼ਤਿ ਸਾਲਾਹ ਕਰਨੀ ਚਾਹੀਦੀ ਹੈ। ਹੇ ਪ੍ਰਾਣੀਓ ! ਉਸ ਪ੍ਰਭੂ ਨੂੰ (ਸਦਾ) ਸਿਮਰਦੇ ਰਹੋ, ਉਸ ਤੋਂ ਬਿਨਾ ਕੋਈ ਹੋਰ (ਉਸ ਵਰਗਾ) ਨਹੀਂ ਹੈ। ਪਰ, ਹੇ ਭਾਈ ! ਗੁਰੂ ਦੀ ਸਰਨ ਪਿਆਂ ਹੀ (ਉਹ ਪਰਮਾਤਮਾ ਮਨੁੱਖ ਦੇ) ਹਿਰਦੇ ਵਿਚ ਮਨ ਵਿਚ ਵੱਸਦਾ ਹੈ (ਜਿਸ ਦੇ ਅੰਦਰ ਆ ਵੱਸਦਾ ਹੈ, ਉਸ ਦੇ ਅੰਦਰ) ਸਦਾ ਹੀ ਆਤਮਕ ਆਨੰਦ ਬਣਿਆ ਰਹਿੰਦਾ ਹੈ। ੨।

ਪਉੜੀ ॥ ਜਿਨੀ ਗੁਰਮੁਖਿ ਹਰਿਨਾਮ ਧਨੁ ਨ ਖਟਿਓ ਸੇ ਦੇਵਾਲੀਏ ਜੁਗ ਮਾਹਿ ॥ ਓਇ ਮੰਗਦੇ ਫਿਰਹਿ ਸਭ ਜਗਤ ਮਹਿ ਕੋਈ ਮੁਹਿ ਥੁਕ ਨ ਤਿਨ੍ ਕਉ ਪਾਹਿ ॥ ਪਰਾਈ ਬਖੀਲੀ ਕਰਹਿ ਆਪਣੀ ਪਰਤੀਤਿ ਖੋਵਨਿ ਸਗਵਾ ਭੀ ਆਪੁ ਲਖਾਹਿ ॥ ਜਿਸੁ ਧਨ ਕਾਰਣਿ ਚੁਗਲੀ ਕਰਹਿ ਸੋ ਧਨੁ

ਚੁਗਲੀ ਹਥਿ ਨ ਆਵੈ ਓਇ ਭਾਵੈ ਤਿਥੈ ਜਾਹਿ ॥ ਗੁਰਮੁਖਿ ਸੇਵਕ ਭਾਇ ਹਰਿ ਧਨੁ ਮਿਲੈ ਤਿਥਹੁ ਕਰਮਹੀਣ ਲੈ ਨ ਸਕਹਿ ਹੋਰਥੈ ਦੇਸ ਦਿਸੰਤਰਿ ਹਰਿ ਧਨੁ ਨਾਹਿ ॥ ੮ ॥ [ਪੰਨਾ ੮੫੨]

ਪਦ ਅਰਥ :—ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਦੇਵਾਲੀਏ—ਮਨੁਖਾ ਜੀਵਨ ਦੀ ਬਾਜ਼ੀ ਹਾਰੇ ਹੋਏ। ਜੁਗ ਮਾਹਿ—ਜਗਤ ਵਿਚ। ਓਇ—[ਲਫ਼ਜ਼ 'ਓਹੁ' ਤੋਂ ਬਹੁ ਵਚਨ]। ਮੁਹਿ—ਮੂੰਹਿ ਉਤੇ। ਨ ਪਾਹਿ—ਨਹੀਂ ਪਾਂਦੇ। ਬਖੀਲੀ—ਨਿੰਦਾ, ਚੁਗ਼ਲੀ। ਪਰਤੀਤਿ—ਇਤਬਾਰ। ਖੋਵਨਿ—ਗਵਾ ਲੈਂਦੇ ਹਨ। ਸਗਵਾ—ਸਗੋਂ ਚੰਗੀ ਤਰ੍ਹਾਂ। ਆਪੁ —ਆਪਣਾ (ਭੈੜਾ) ਅਸਲਾ। ਲਖਾਹਿ—ਨਸ਼ਰ ਕਰਦੇ ਹਨ। ਕਾਰਣਿ—ਵਾਸਤੇ। ਹਥਿ— ਹੱਥ ਵਿਚ। ਜਾਹਿ—ਜਾਣ। ਸੇਵਕ ਭਾਇ—ਸੇਵਕ-ਭਾਵਨਾ ਨਾਲ। ਕਰਮਹੀਣ—ਅਭਾਗ ਬੰਦੇ। ਹੋਰਥੈ—ਕਿਸੇ ਹੋਰ ਥਾਂ। ਦਿਸੰਤਰਿ—ਹੋਰ ਦੇਸ ਵਿਚ। ੮।

ਅਰਥ :—ਹੇ ਭਾਈ ! ਜਿਨ੍ਹਾਂ ਮਨੁੱਖਾਂ ਨੇ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ ਨਾਮ-ਧਨ ਨਹੀਂ ਕਮਾਇਆ ਉਹ ਜਗਤ ਵਿਚ ਮਨੁੱਖਾ ਜੀਵਨ ਦੀ ਬਾਜ਼ੀ ਹਾਰ ਚੁਕੇ ਸਮਝੋ (ਜਿਵੇਂ ਜੁਆਰੀਆ ਜੂਏ ਵਿਚ ਹਾਰ ਕੇ ਕੰਗਾਲ ਹੋ ਜਾਂਦਾ ਹੈ)। ਇਹੋ ਜਿਹੇ ਮਨੁੱਖ (ਉਹਨਾਂ ਮੰਗਤਿਆਂ ਵਰਗੇ ਹਨ ਜੋ) ਸਾਰੇ ਸੰਸਾਰ ਵਿਚ ਮੰਗਦੇ ਫਿਰਦੇ ਹਨ, ਪਰ ਉਹਨਾਂ ਦੇ ਮੂੰਹ ਉਤੇ ਕੋਈ ਥੁੱਕਦਾ ਭੀ ਨਹੀਂ। ਹੇ ਭਾਈ ! ਇਹੋ ਜਿਹੇ ਬੰਦੇ ਦੂਜਿਆਂ ਦੀ ਨਿੰਦਾ ਕਰਦੇ ਹਨ (ਤੇ ਇਸ ਤਰ੍ਹਾਂ) ਆਪਣਾ ਇਤਬਾਰ ਗਵਾ ਲੈਂਦੇ ਹਨ, ਸਗੋਂ ਚੰਗੀ ਤਰ੍ਹਾਂ ਆਪਣਾ (ਭੈੜਾ) ਅਸਲਾ ਨਸ਼ਰ ਕਰਦੇ ਹਨ। ਅਜੇਹੇ ਮਨੁੱਖ ਜਿਥੇ ਜੀ ਚਾਹੇ ਜਾਣ, ਜਿਸ ਧਨ ਦੀ ਖ਼ਾਤਰ (ਲਾਲਚ ਵਿਚ ਆ ਕੇ) ਚੁਗ਼ਲੀ ਕਰਦੇ ਹਨ, ਚੁਗਲੀ ਨਾਲ ਉਹ ਧਨ ਉਹਨਾਂ ਨੂੰ ਲੱਭਦਾ ਨਹੀਂ। ਹੇ ਭਾਈ ! ਸੇਵਕ-ਭਾਵਨਾ ਨਾਲ ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ ਦਾ ਨਾਮ-ਧਨ ਮਿਲਦਾ ਹੈ; ਪਰ ਉਹ (ਨਿੰਦਕ) ਅਭਾਗੇ ਉਥੋਂ (ਗੁਰੂ-ਦਰ ਤੋਂ) ਇਹ ਧਨ ਲੈ ਨਹੀਂ ਸਕਦੇ (ਤੇ, ਗੁਰੂ-ਦਰ ਤੋਂ ਬਿਨਾ) ਕਿਸੇ ਹੋਰ ਥਾਂ ਕਿਸੇ ਹੋਰ ਦੇਸ ਵਿਚ ਇਹ ਨਾਮ-ਧਨ ਹੈ ਹੀ ਨਹੀਂ। ੮।

ਸਲੋਕ ਮ: ੩ ॥ ਗੁਰਮੁਖਿ ਸੰਸਾ ਮੂਲਿ ਨ ਹੋਵਈ ਚਿੰਤਾ ਵਿਚਹੁ ਜਾਇ ॥ ਜੋ ਕਿਛੁ ਹੋਇ ਸੁ ਸਹਜੇ ਹੋਇ ਕਹਣਾ ਕਿਛੂ ਨ ਜਾਇ ॥ ਨਾਨਕ ਤਿਨ੍ ਕਾ ਆਖਿਆ ਆਪਿ ਸੁਣੇ ਜਿ ਲਇਅਨੁ ਪੰਨੈ ਪਾਇ ॥੧॥ [੮੫੩]

ਪਦ ਅਰਥ :—ਸੰਸਾ—ਤੌਖ਼ਲਾ। ਮੂਲਿ ਨ—ਬਿਲਕੁਲ ਨਹੀਂ। ਸਹਜੇ—ਸੁਤੇ ਹੀ, ਪਰਮਾਤਮਾ ਦੀ ਰਜ਼ਾ ਵਿਚ। ਲਇਅਨੁ—ਲਏ ਹਨ ਉਸ ਨੇ। ਪੰਨੈ—ਪੱਲੇ ਵਿਚ। ਪੰਨੈ ਪਾਇ ਲਇਅਨੁ—ਉਸ ਨੇ ਆਪਣੇ ਪੱਲੇ ਪਾ ਲਿਆ ਹੈ।

ਅਰਥ :–ਹੇ ਭਾਈ ! ਜਿਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ, ਉਹਨਾਂ ਨੂੰ (ਕਿਸੇ ਕਿਸਮ ਦਾ) ਤੌਖ਼ਲਾ ਉੱਕਾ ਹੀ ਨਹੀਂ ਹੁੰਦਾ, ਉਹਨਾਂ ਦੇ ਅੰਦਰੋਂ ਚਿੰਤਾ ਦੂਰ ਹੋ ਜਾਂਦੀ ਹੈ। (ਉਹਨਾਂ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ ਸੰਸਾਰ ਵਿਚ) ਜੋ ਕੁਝ ਹੋ ਰਿਹਾ ਹੈ ਉਹ ਪਰਮਾਤਮਾ ਦੀ ਰਜ਼ਾ ਵਿਚ ਹੋ ਰਿਹਾ ਹੈ, ਉਸ ਉਤੇ ਕੋਈ ਇਤਰਾਜ਼ ਨਹੀਂ ਕੀਤਾ ਜਾ ਸਕਦਾ। ਹੇ ਨਾਨਕ ! ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਆਪਣੇ ਲੜ ਲਾ ਲੈਂਦਾ ਹੈ ਉਹਨਾਂ ਦੀ ਅਰਜ਼ੋਈ (ਪਰਮਾਤਮਾ ਸਦਾ) ਆਪ ਸੁਣਦਾ ਹੈ। ੧।

ਮਃ ੩ ॥ ਕਾਲੁ ਮਾਰਿ ਮਨਸਾ ਮਨਹਿ ਸਮਾਣੀ ਅੰਤਰਿ ਨਿਰਮਲੁ ਨਾਉ ॥ ਅਨਦਿਨੁ ਜਾਗੈ ਕਦੇ ਨ ਸੋਵੈ ਸਹਜੇ ਅੰਮ੍ਰਿਤੁ ਪਿਆਉ ॥ ਮੀਠਾ ਬੋਲੇ ਅੰਮ੍ਰਿਤ ਬਾਣੀ ਅਨਦਿਨੁ ਹਰਿ ਗੁਣ ਗਾਉ ॥ ਨਿਜ ਘਰਿ ਵਾਸਾ ਸਦਾ ਸੋਹਦੇ ਨਾਨਕ ਤਿਨ ਮਿਲਿਆ ਸੁਖੁ ਪਾਉ ॥ ੨ ॥ [ਪੰਨਾ ੮੫੩]

ਪਦ ਅਰਥ :–ਕਾਲੁ–ਮੌਤ, ਮੌਤ ਦਾ ਡਰ, ਆਤਮਕ ਮੌਤ। ਮਾਰਿ–ਮੁਕਾ ਕੇ। ਮਨਸਾ–ਮਨ ਦਾ ਮਾਇਕ ਫੁਰਨਾ। ਮਨਹਿ–ਮਨ ਵਿਚ ਹੀ। ਸਮਾਣੀ–ਲੀਨ ਕਰ ਲੈਂਦਾ ਹੈ। ਅਨਦਿਨੁ–ਹਰ ਰੋਜ਼, ਹਰ ਵੇਲੇ। ਸਹਜੇ–ਆਤਮਕ ਅਡੋਲਤਾ ਵਿਚ। ਅੰਮ੍ਰਿਤੁ–ਆਤਮਕ ਜੀਵਨ ਦੇਣ ਵਾਲਾ ਨਾਮ-ਰਸ। ਪਿਆਉ–ਖ਼ੁਰਾਕ। ਅੰਮ੍ਰਿਤ ਬਾਣੀ–ਆਤਮਕ ਜੀਵਨ ਦੇਣ ਵਾਲੀ (ਗੁਰੂ ਦੀ) ਬਾਣੀ ਦੀ ਰਾਹੀਂ। ਨਿਜ ਘਰਿ–ਆਪਣੇ ਘਰ ਵਿਚ, ਪ੍ਰਭੂ ਦੀ ਯਾਦ ਵਿਚ। ਸੋਹਦੇ–ਸੋਭਦੇ ਹਨ, ਸੋਹਣੇ ਜੀਵਨ ਵਾਲੇ ਹੁੰਦੇ ਹਨ। ਪਾਉ–ਪਾਉਂ, ਮੈਂ ਹਾਸਲ ਕਰਦਾ ਹਾਂ। ੨।

ਅਰਥ :–ਹੇ ਭਾਈ ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਪਵਿੱਤਰ ਨਾਮ ਵੱਸਦਾ ਹੈ ਉਹ ਆਤਮਕ ਮੌਤ ਨੂੰ ਮੁਕਾ ਕੇ ਮਨ ਦੇ ਮਾਇਕ ਫੁਰਨੇ ਨੂੰ ਮਨ ਵਿਚ ਹੀ ਦੱਬ ਦੇਂਦਾ ਹੈ। ਉਹ ਮਨੁੱਖ (ਮਾਇਆ ਦੇ ਹੱਲਿਆਂ ਵਲੋਂ) ਹਰ ਵੇਲੇ ਸੁਚੇਤ ਰਹਿੰਦਾ ਹੈ, ਕਦੇ ਉਹ (ਗ਼ਫ਼ਲਤ ਦੀ ਨੀਂਦ ਵਿਚ) ਨਹੀਂ ਸੌਂਦਾ। ਆਤਮਕ ਅਡੋਲਤਾ ਵਿਚ ਟਿਕ ਕੇ ਪਰਮਾਤਮਾ ਦਾ ਨਾਮ-ਅੰਮ੍ਰਿਤ (ਉਸ ਦੀ) ਖ਼ੁਰਾਕ ਹੁੰਦਾ ਹੈ। ਉਹ ਮਨੁੱਖ (ਸਦਾ) ਮਿੱਠਾ ਬੋਲਦਾ ਹੈ, (ਸਤਿਗੁਰੂ ਦੀ) ਆਤਮਕ ਜੀਵਨ ਦੇਣ ਵਾਲੀ ਬਾਣੀ ਦੀ ਰਾਹੀਂ ਉਹ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਹੈ।

ਇਹੋ ਜਿਹੇ ਮਨੁੱਖ ਸਦਾ ਪਰਮਾਤਮਾ ਦੇ ਚਰਨਾਂ ਵਿਚ ਟਿਕੇ ਰਹਿੰਦੇ ਹਨ, ਉਹਨਾਂ ਦਾ ਜੀਵਨ ਸੋਹਣਾ ਬਣ ਜਾਂਦਾ ਹੈ। ਹੇ ਨਾਨਕ ! (ਆਖ–ਹੇ ਭਾਈ !) ਇਹੋ ਜਿਹੇ ਮਨੁੱਖਾਂ ਨੂੰ ਮਿਲ ਕੇ ਮੈਂ ਭੀ ਆਤਮਕ ਆਨੰਦ ਮਾਣਦਾ ਹਾਂ। ੨।

ਪਉੜੀ ॥ ਹਰਿ ਧਨੁ ਰਤਨ ਜਵੇਹਰੀ ਸੋ ਗੁਰਿ ਹਰਿ ਧਨੁ ਹਰਿ

ਪਾਸਹੁ ਦੇਵਾਇਆ ॥ ਜੇ ਕਿਸੈ ਕਿਹੁ ਦਿਸਿ ਆਵੈ ਤਾ ਕੋਈ ਕਿਹੁ ਮੰਗਿ ਲਏ ਅਕੈ ਕੋਈ ਕਿਹੁ ਦੇਵਾਏ ਏਹੁ ਹਰਿ ਧਨੁ ਜੋਰਿ ਕੀਤੈ ਕਿਸੈ ਨਾਲਿ ਨ ਜਾਇ ਵੰਡਾਇਆ ॥ ਜਿਸ ਨੋ ਸਤਿਗੁਰ ਨਾਲਿ ਹਰਿ ਸਰਧਾ ਲਾਏ ਤਿਸੁ ਹਰਿ ਧਨ ਕੀ ਵੰਡ ਹਥਿ ਆਵੈ ਜਿਸ ਨੋ ਕਰਤੈ ਧੁਰਿ ਲਿਖਿ ਪਾਇਆ ॥ ਇਸੁ ਹਰਿ ਧਨ ਕਾ ਕੋਈ ਸਰੀਕੁ ਨਾਹੀ ਕਿਸੈ ਕਾ ਖਤੁ ਨਾਹੀ ਕਿਸੈ ਕੈ ਸੀਵ ਬੰਨੈ ਰੋਲੁ ਨਾਹੀ ਜੇ ਕੋ ਹਰਿ ਧਨ ਕੀ ਬਖੀਲੀ ਕਰੇ ਤਿਸ ਕਾ ਮੁਹੁ ਹਰਿ ਚਹੁ ਕੁੰਡਾ ਵਿਚਿ ਕਾਲਾ ਕਰਾਇਆ ॥ ਹਰਿ ਕੇ ਦਿਤੇ ਨਾਲਿ ਕਿਸੈ ਜੋਰੁ ਬਖੀਲੀ ਨ ਚਲਈ ਦਿਹੁ ਦਿਹੁ ਨਿਤ ਨਿਤ ਚੜੈ ਸਵਾਇਆ ॥ ੯ ॥ [ਪੰਨਾ ੮੫੩]

ਪਦ ਅਰਥ :-ਜਵੇਹਰੀ-ਜਵਾਹਰਾਤ, ਹੀਰੇ। ਗੁਰਿ-ਗੁਰੂ ਨੇ। ਪਾਸਹੁ-ਕੋਲੋਂ, ਤੋਂ। ਕਿਹੁ-ਕੁਝ। ਅਕੈ-ਜਾਂ। ਜੋਰਿ ਕੀਤੈ-ਜੇ ਧੱਕਾ ਕੀਤਾ ਜਾਏ, ਬਦੋ-ਬਦੀ। ਸਰਧਾ-ਪਰਤੀਤ। ਹਥਿ-ਹੱਥ ਵਿਚ। ਹਥਿ ਆਵੈ-ਮਿਲਦੀ ਹੈ। ਵੰਡ-ਹਿੱਸਾ। ਧੁਰਿ-ਧੁਰ ਤੋਂ, ਮੁੱਢ ਤੋਂ, ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ। ਖਤੁ-ਪਟਾ, ਮਲਕੀਅਤ ਦਾ ਪਟਾ, ਲਿਖਤ। ਸੀਵ ਬੰਨੈ-ਵੱਟ-ਬੰਨੇ ਦਾ। ਰੋਲੁ-ਰੌਲਾ, ਝਗੜਾ। ਬਖੀਲੀ-ਚੁਗਲੀ, ਈਰਖਾ। ਦਿਹੁ ਦਿਹੁ-ਹਰ ਰੋਜ਼। ਚੜੈ ਸਵਾਇਆ-ਵਧਦਾ ਹੈ।੯।

ਅਰਥ :-ਹੇ ਭਾਈ! ਪਰਮਾਤਮਾ ਦਾ ਨਾਮ-ਧਨ ਰਤਨ ਹੀਰੇ ਹਨ। ਇਹ ਹਰਿ-ਨਾਮ-ਧਨ (ਜਿਸ ਨੂੰ) ਪਰਮਾਤਮਾ ਪਾਸੋਂ ਦਿਵਾਇਆ ਹੈ ਗੁਰੂ ਨੇ (ਹੀ) ਦਿਵਾਇਆ ਹੈ। ਜੇ ਕਿਸੇ ਮਨੁੱਖ ਨੂੰ (ਗੁਰੂ ਤੋਂ ਬਿਨਾ ਕਿਸੇ ਹੋਰ ਕੋਲ) ਕੁਝ ਦਿੱਸ ਪਏ, ਤਾਂ (ਉਸ ਪਾਸੋਂ ਕੋਈ) ਕੁਝ ਮੰਗ ਭੀ ਲਏ, ਜਾਂ, ਕੋਈ ਕੁਝ ਦਿਵਾ ਦੇਵੇ। ਪਰ ਇਹ ਨਾਮ-ਧਨ ਧੱਕਾ ਕਰ ਕੇ (ਭੀ) ਕਿਸੇ ਨਾਲ ਵੰਡਾਇਆ ਨਹੀਂ ਜਾ ਸਕਦਾ (ਇਹ ਤਾਂ ਪਰਮਾਤਮਾ ਦੀ ਮਿਹਰ ਨਾਲ ਗੁਰੂ ਦੀ ਰਾਹੀਂ ਹੀ ਮਿਲਦਾ ਹੈ)। ਹੇ ਭਾਈ! ਪਰਮਾਤਮਾ ਨੇ ਧੁਰੋਂ ਜਿਸ ਮਨੁੱਖ ਦੇ ਮੱਥੇ ਤੇ ਲੇਖ ਲਿਖ ਦਿੱਤਾ ਹੈ, ਪਰਮਾਤਮਾ ਉਸ ਮਨੁੱਖ ਦੀ ਗੁਰੂ ਵਿਚ ਸਰਧਾ ਬਣਾਂਦਾ ਹੈ, ਤੇ (ਗੁਰੂ ਦੀ ਰਾਹੀਂ) ਉਸ ਮਨੁੱਖ ਨੂੰ ਨਾਮ-ਧਨ ਦਾ ਹਿੱਸਾ ਮਿਲਦਾ ਹੈ।

ਹੇ ਭਾਈ! ਇਹ ਨਾਮ-ਧਨ (ਐਸੀ ਜਾਇਦਾਦ ਹੈ ਕਿ) ਇਸ ਦਾ ਕੋਈ ਸ਼ਰੀਕ ਨਹੀਂ ਬਣ ਸਕਦਾ (ਇਸ ਉਤੇ) ਕੋਈ ਜੱਦੀ ਹੱਕ ਨਹੀਂ ਬਣਾ ਸਕਦਾ, ਕਿਸੇ ਕੋਲ ਇਸ ਦੀ ਮਲਕੀਅਤ ਦਾ ਪਟਾ ਭੀ ਨਹੀਂ ਹੋ ਸਕਦਾ। (ਜਿਵੇਂ ਜ਼ਿਮੀਂਦਾਰਾਂ ਦਾ ਜ਼ਮੀਨ ਦੇ) ਵੱਟ-ਬੰਨੇ ਦਾ ਰੌਲਾ (ਪੈ ਸਕਦਾ ਹੈ), ਇਸ ਹਰਿ-ਧਨ ਦਾ ਕੋਈ ਅਜਿਹਾ ਰੌਲਾ ਭੀ ਨਹੀਂ

ਹੋ ਸਕਦਾ। (ਕਿਸੇ ਗੁਰਮੁਖ ਨੂੰ ਵੇਖ ਕੇ) ਜੇ ਕੋਈ ਮਨੁੱਖ ਇਸ ਨਾਮ-ਧਨ ਦੀ (ਖ਼ਾਤਰ) ਈਰਖਾ ਕਰਦਾ ਹੈ, ਉਸ ਨੂੰ ਸਗੋਂ ਹਰ ਪਾਸੇ ਫਿਟਕਾਰ ਹੀ ਪੈਂਦੀ ਹੈ।

(ਹੇ ਭਾਈ! ਇਹ ਨਾਮ-ਧਨ ਪਰਮਾਤਮਾ ਆਪ ਹੀ ਗੁਰੂ ਦੀ ਰਾਹੀਂ ਦੇਂਦਾ ਹੈ, ਤੇ) ਜੇ ਪਰਮਾਤਮਾ ਕਿਸੇ ਨੂੰ ਇਹ ਨਾਮ-ਧਨ ਦੇਵੇ ਤਾਂ ਕਿਸੇ ਹੋਰ ਦਾ ਜ਼ੋਰ ਨਹੀਂ ਚੜ੍ਹ ਸਕਦਾ, ਕਿਸੇ ਦੀ ਈਰਖਾ ਕੁਝ ਵਿਗਾੜ ਨਹੀਂ ਸਕਦੀ (ਇਹ ਐਸੀ ਦਾਤਿ ਹੈ ਕਿ) ਇਹ ਹਰ ਰੋਜ਼ ਸਦਾ ਵਧਦੀ ਹੀ ਜਾਂਦੀ ਹੈ।੯।

ਸਲੋਕ ਮ: ੩ ॥ ਜਗਤੁ ਜਲੰਦਾ ਰਖਿ ਲੈ ਆਪਣੀ ਕਿਰਪਾ ਧਾਰਿ॥ ਜਿਤੁ ਦੁਆਰੈ ਉਬਰੈ ਤਿਤੈ ਲੈਹੁ ਉਬਾਰਿ ॥ ਸਤਿਗੁਰਿ ਸੁਖੁ ਵੇਖਾਲਿਆ ਸਚਾ ਸਬਦੁ ਬੀਚਾਰਿ॥ਨਾਨਕ ਅਵਰੁ ਨ ਸੁਝਈ ਹਰਿ ਬਿਨੁ ਬਖਸਣਹਾਰੁ॥ ੧ ॥ [ਪੰਨਾ ੯੫੩]

ਪਦ ਅਰਥ :—ਜਲੰਦਾ—(ਵਿਕਾਰਾਂ ਵਿਚ)ਸੜਦਾ। ਰਖਿ ਲੈ—ਬਚਾ ਲੈ। ਧਾਰਿ—ਧਾਰ ਕੇ, ਕਰ ਕੇ। ਜਿਤੁ ਦੁਆਰੈ—ਜਿਸ ਦਰ ਤੇ, ਜਿਸ ਤਰੀਕੇ ਨਾਲ। ਉਬਰੈ—ਬਚ ਸਕੇ। ਤਿਤੈ—ਉਸੇ ਤਰ੍ਹਾਂ ਹੀ। ਸਤਿਗੁਰਿ—ਗੁਰੂ ਨੇ। ਸੁਖੁ—ਆਤਮਕ ਆਨੰਦ। ਸਚਾ ਸਬਦੁ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਬਾਣੀ। ਬੀਚਾਰਿ—ਵਿਚਾਰ ਕੇ, ਮਨ ਵਿਚ ਟਿਕਾ ਕੇ। ਅਵਰੁ—ਕੋਈ ਹੋਰ।੧।

ਅਰਥ :—ਹੇ ਪ੍ਰਭੂ! (ਵਿਕਾਰਾਂ ਵਿਚ) ਸੜ ਰਹੇ ਸੰਸਾਰ ਨੂੰ ਆਪਣੀ ਮਿਹਰ ਕਰ ਕੇ ਬਚਾ ਲੈ, ਜਿਸ ਭੀ ਤਰੀਕੇ ਨਾਲ ਇਹ ਬਚ ਸਕਦਾ ਹੋਵੇ ਉਸੇ ਤਰ੍ਹਾਂ ਬਚਾ ਲੈ।

ਹੇ ਨਾਨਕ! ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਣੀ ਮਨ ਵਿਚ ਵਸਾ ਕੇ (ਜਿਸ ਮਨੁੱਖ ਨੂੰ) ਸਤਿਗੁਰੂ ਨੇ (ਸਿਮਰਨ ਦਾ) ਆਤਮਕ ਆਨੰਦ ਵਿਖਾਲ ਦਿੱਤਾ, ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਤੋਂ ਬਿਨਾ ਕੋਈ ਹੋਰ ਇਹ ਬਖ਼ਸ਼ਸ਼ ਕਰਨ ਵਾਲਾ ਨਹੀਂ ਹੈ।੧।

ਮ: ੩ ॥ ਹਉਮੈ ਮਾਇਆ ਮੋਹਣੀ ਦੂਜੈ ਲਗੈ ਜਾਇ ॥ ਨਾ ਇਹ ਮਾਰੀ ਨ ਮਰੈ ਨਾ ਇਹ ਹਟਿ ਵਿਕਾਇ ॥ ਗੁਰ ਕੈ ਸਬਦਿ ਪਰਜਾਲੀਐ ਤਾ ਇਹ ਵਿਚਹੁ ਜਾਇ ॥ ਤਨੁ ਮਨੁ ਹੋਵੈ ਉਜਲਾ ਨਾਮੁ ਵਸੈ ਮਨਿ ਆਇ।।ਨਾਨਕ ਮਾਇਆ ਕਾ ਮਾਰਣੁ ਸਬਦੁ ਹੈ ਗੁਰਮੁਖਿ ਪਾਇਆ ਜਾਇ॥ ੨ ॥ [ਪੰਨਾ ੯੫੩]

ਪਦ ਅਰਥ :—ਹਉਮੈ—'ਮੈਂ, ਮੈਂ' ਦਾ ਪ੍ਰਭਾਵ। ਹਉਮੈ ਮਾਇਆ—ਮਾਇਆ ਦੀ ਹਉਮੈ, ਮਾਇਆ ਦੀ ਤਾਂਘ। ਦੂਜੇ—(ਪ੍ਰਭੂ ਤੋਂ ਬਿਨਾ) ਹੋਰ (ਦੇ ਮੋਹ) ਵਿਚ।

ਹਟਿ–ਹੱਟੀ ਵਿਚ। ਕੈ ਸਬਦਿ–ਦੇ ਸ਼ਬਦ ਦੀ ਰਾਹੀਂ। ਪਰਜਾਲੀਐ–ਚੰਗੀ ਤਰ੍ਹਾਂ ਸਾੜ ਦਿੱਤੀ ਜਾਏ। ਉਜਲਾ–ਪਵਿੱਤਰ। ਮਨਿ–ਮਨ ਵਿਚ। ਮਾਰਣੁ–ਪ੍ਰਭਾਵ ਮੁਕਾਣ ਦਾ ਵਸੀਲਾ।੨।

ਅਰਥ :–ਹੇ ਭਾਈ! ਮਾਇਆ ਦੀ ਹਉਮੈ (ਸਾਰੇ ਸੰਸਾਰ ਨੂੰ) ਆਪਣੇ ਵੱਸ ਵਿਚ ਕਰਨ ਦੀ ਸਮਰਥਾ ਵਾਲੀ ਹੈ, (ਇਸ ਦੇ ਅਸਰ ਹੇਠ ਜੀਵ ਪਰਮਾਤਮਾ ਨੂੰ ਵਿਸਾਰ ਕੇ) ਹੋਰ (ਦੇ ਮੋਹ) ਵਿਚ ਜਾ ਫਸਦਾ ਹੈ। ਇਹ ਹਉਮੈ ਨਾਂਹ (ਕਿਸੇ ਪਾਸੋਂ) ਮਾਰੀ ਜਾ ਸਕਦੀ ਹੈ, ਨਾਂਹ ਹੀ ਇਹ ਆਪ ਮਰਦੀ ਹੈ, ਨਾਂਹ ਹੀ ਇਹ ਕਿਸੇ ਹੱਟੀ ਤੇ ਵੇਚੀ ਜਾ ਸਕਦੀ ਹੈ। ਜਦੋਂ ਇਸ ਨੂੰ ਗੁਰੂ ਦੇ ਸ਼ਬਦ ਦੀ ਰਾਹੀਂ ਚੰਗੀ ਤਰ੍ਹਾਂ ਸਾੜ ਦੇਈਏ, ਤਦੋਂ ਹੀ ਇਹ (ਜੀਵ ਦੇ) ਅੰਦਰੋਂ ਮੁੱਕਦੀ ਹੈ। (ਹੇ ਭਾਈ! ਜਿਸ ਮਨੁੱਖ ਦੇ ਅੰਦਰੋਂ ਮਾਇਆ ਦੀ ਹਉਮੈ ਮੁੱਕਦੀ ਹੈ ਉਸ ਦਾ) ਤਨ (ਉਸ ਦਾ) ਮਨ ਪਵਿੱਤਰ ਹੋ ਜਾਂਦਾ ਹੈ, ਉਸ ਦੇ ਮਨ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ।

ਹੇ ਨਾਨਕ! ਗੁਰੂ ਦਾ ਸ਼ਬਦ ਹੀ ਮਾਇਆ ਦਾ ਪ੍ਰਭਾਵ ਮੁਕਾਣ ਦਾ ਵਸੀਲਾ ਹੈ, ਤੇ, ਇਹ ਸ਼ਬਦ ਗੁਰੂ ਦੀ ਸਰਨ ਪਿਆਂ ਮਿਲਦਾ ਹੈ।੨।

ਪਉੜੀ ॥ ਸਤਿਗੁਰ ਕੀ ਵਡਿਆਈ ਸਤਿਗੁਰਿ ਦਿਤੀ ਧੁਰਹੁ ਹੁਕਮੁ ਬੁਝਿ ਨੀਸਾਣੁ ॥ ਪੁਤੀ ਭਾਤੀਈ ਜਾਵਾਈ ਸਕੀ ਅਗਹੁ ਪਿਛਹੁ ਟੋਲਿ ਡਿਠਾ ਲਾਹਿਓਨੁ ਸਭਨਾ ਕਾ ਅਭਿਮਾਨੁ ॥ ਜਿਥੈ ਕੋ ਵੇਖੈ ਤਿਥੈ ਮੇਰਾ ਸਤਿਗੁਰੂ ਹਰਿ ਬਖਸਿਓਸੁ ਸਭੁ ਜਹਾਨੁ ॥ ਜਿ ਸਤਿਗੁਰ ਨੋ ਮਿਲਿ ਮੰਨੇ ਸੁ ਹਲਤਿ ਪਲਤਿ ਸਿਝੈ ਜਿ ਵੇਮੁਖੁ ਹੋਵੈ ਸੁ ਫਿਰੈ ਭਰਿਸਟ ਥਾਨੁ ॥ ਜਨ ਨਾਨਕ ਕੈ ਵਲਿ ਹੋਇ ਮੇਰਾ ਸੁਆਮੀ ਹਰਿ ਸਜਣ ਪੁਰਖੁ ਸੁਜਾਨੁ ॥ ਪਉਦੀ ਭਿਤਿ ਦੇਖਿ ਕੈ ਸਭਿ ਆਇ ਪਏ ਸਤਿਗੁਰ ਕੀ ਪੈਰੀ ਲਾਹਿਓਨੁ ਸਭਨਾ ਕਿਅਹੁ ਮਨਹੁ ਗੁਮਾਨੁ ॥ ੧੦ ॥ [ਪੰਨਾ ੮੫੩]

ਪਦ ਅਰਥ :–ਵਡਿਆਈ–ਬਜ਼ੁਰਗੀ, ਇੱਜ਼ਤ। ਸਤਿਗੁਰਿ–ਸਤਿਗੁਰੂ ਨੇ। ਧੁਰਹੁ–ਧੁਰ ਤੋਂ, ਹਜ਼ੂਰੀ ਤੋਂ। ਹੁਕਮੁ–ਰਜ਼ਾ। ਬੁਝਿ–ਸਮਝ ਕੇ। ਨੀਸਾਣੁ–ਨਿਸ਼ਾਨ, ਪਰਵਾਨਾ, ਰਾਹਦਾਰੀ। ਪੁਤੀ–ਪੁੱਤਰਾਂ ਨੇ। ਭਾਤੀਈ–ਭਤੀਜਿਆਂ ਨੇ। ਸਕੀ–ਸੱਕਿਆਂ ਨੇ, ਸਾਕ-ਸੰਬੰਧੀਆਂ ਨੇ। ਅਗਹੁ ਪਿਛਹੁ–ਚੰਗੀ ਤਰ੍ਹਾਂ। ਟੋਲਿ–ਖੋਜ ਕੇ। ਲਾਹਿਓਨੁ–ਲਾਹ ਦਿੱਤਾ ਉਸ ਨੇ। ਕੋ–ਕੋਈ ਮਨੁੱਖ। ਬਖਸਿਓਸੁ–ਉਸ ਨੇ ਬਖ਼ਸ਼ਿਆ। ਜਿ–ਜਿਹੜਾ ਮਨੁੱਖ। ਮਿਲਿ–ਮਿਲ ਕੇ। ਮੰਨੇ–ਪਤੀਜਦਾ ਹੈ। ਸੁ–ਉਹ ਮਨੁੱਖ। ਹਲਤਿ–ਇਸ ਲੋਕ ਵਿਚ। ਪਲਤਿ–ਪਰਲੋਕ ਵਿਚ। ਸਿਝੈ–ਕਾਮਯਾਬ ਹੁੰਦਾ ਹੈ। ਫਿਰੈ–

ਭਟਕਦਾ ਫਿਰਦਾ ਹੈ । ਥਾਨੁ–ਹਿਰਦਾ-ਥਾਂ । ਭਰਿਆ–(ਵਿਕਾਰਾਂ ਨਾਲ) ਗੰਦਾ । ਜਨ ਕੈ ਵਲਿ–(ਆਪਣੇ) ਸੇਵਕ ਦੇ ਪੱਖ ਤੇ । ਸੁਜਾਨੁ–ਸਿਆਨਾ, ਸਭ ਦੇ ਦਿਲ ਦੀ ਜਾਣਨ ਵਾਲਾ । ਭਿਤਿ–ਚੋਗ, ਖ਼ੁਰਾਕ, ਆਤਮਕ ਭੋਜਨ । ਸਭਿ–ਆਏ । ਲਾਹਿਓਨੁ–ਉਸ ਨੇ ਲਾਹ ਦਿੱਤਾ । ਕਿਅਹੁ ਮਨਹੁ–ਦਿਆਂ ਮਨਾਂ ਤੋਂ ।੧੦।

ਅਰਥ :–(ਜਿਹੜੀ) ਇੱਜ਼ਤ ਗੁਰੂ (ਅਮਰਦਾਸ ਜੀ) ਦੀ (ਹੋਈ, ਉਹ) ਗੁਰੂ (ਅੰਗਦ ਸਾਹਿਬ) ਨੇ ਪਰਮਾਤਮਾ ਦੀ ਹਜ਼ੂਰੀ ਤੋਂ (ਮਿਲਿਆ) ਹੁਕਮ ਸਮਝ ਕੇ ਪਰਵਾਨਾ ਸਮਝ ਕੇ (ਉਹਨਾਂ ਨੂੰ) ਦਿੱਤੀ । ਪੁੱਤਰਾਂ ਨੇ, ਭਤੀਜਿਆਂ ਨੇ, ਜਵਾਈਆਂ ਨੇ, ਹੋਰ ਸੱਕੇ ਸਾਕ ਅੰਗਾਂ ਨੇ ਚੰਗੀ ਤਰ੍ਹਾਂ ਪਰਖ ਕੇ ਵੇਖ ਲਿਆ ਸੀ (ਗੁਰੂ ਨੇ) ਸਭਨਾਂ ਦਾ ਮਾਣ ਦੂਰ ਕਰ ਦਿੱਤਾ ।

ਹੇ ਭਾਈ ! ਪਰਮਾਤਮਾ ਨੇ (ਗੁਰੂ ਦੀ ਰਾਹੀਂ) ਸਾਰੇ ਸੰਸਾਰ ਨੂੰ (ਨਾਮ ਦੀ) ਬਖ਼ਸ਼ਸ਼ ਕੀਤੀ ਹੈ; ਜਿੱਥੇ ਭੀ ਕੋਈ ਵੇਖਦਾ ਹੈ ਉਥੇ ਹੀ ਪਿਆਰਾ ਗੁਰੂ (ਨਾਮ ਦੀ ਦਾਤਿ ਦੇਣ ਲਈ ਮੌਜੂਦ) ਹੈ । ਜਿਹੜਾ ਮਨੁੱਖ ਗੁਰੂ ਨੂੰ ਮਿਲ ਕੇ ਪਤੀਜਦਾ ਹੈ ਉਹ ਇਸ ਲੋਕ ਵਿਚ ਤੇ ਪਰਲੋਕ ਵਿਚ ਕਾਮਯਾਬ ਹੋ ਜਾਂਦਾ ਹੈ, ਪਰ ਜਿਹੜਾ ਮਨੁੱਖ ਗੁਰੂ ਵਲੋਂ ਮੂੰਹ ਮੋੜਦਾ ਹੈ, ਉਹ ਭਟਕਦਾ ਫਿਰਦਾ ਹੈ, ਉਸ ਦਾ ਹਿਰਦਾ-ਥਾਂ (ਵਿਕਾਰਾਂ ਨਾਲ) ਗੰਦਾ ਟਿਕਿਆ ਰਹਿੰਦਾ ਹੈ । ਹੇ ਨਾਨਕ ! (ਆਖ–) ਸਭ ਦੇ ਦਿਲ ਦੀ ਜਾਣਨ ਵਾਲਾ ਸਭ ਦਾ ਮਿੱਤਰ ਸਭ ਵਿਚ ਵਿਆਪਕ ਪ੍ਰਭੂ ਆਪਣੇ ਸੇਵਕ ਦੇ ਪੱਖ ਤੇ ਰਹਿੰਦਾ ਹੈ ।

ਹੇ ਭਾਈ ! (ਗੁਰੂ ਦੇ ਦਰ ਤੋਂ) ਆਤਮਕ ਖ਼ੁਰਾਕ ਮਿਲਦੀ ਵੇਖ ਕੇ ਸਾਰੇ ਲੋਕ ਗੁਰੂ ਦੀ ਚਰਨੀਂ ਆ ਲੱਗੇ । ਗੁਰੂ ਨੇ ਸਭਨਾਂ ਦੇ ਮਨ ਤੋਂ ਅਹੰਕਾਰ ਦੂਰ ਕਰ ਦਿੱਤਾ। ੧੦ ।

ਸਲੋਕ ਮਃ ੧ ॥ ਕੋਈ ਵਾਹੇ ਕੋ ਲੁਣੈ ਕੋ ਪਾਏ ਖਲਿਹਾਨਿ ॥ ਨਾਨਕ ਏਵ ਨ ਜਾਪਈ ਕੋਈ ਖਾਇ ਨਿਦਾਨਿ ॥ ੧ ॥ ਮਃ ੧ ॥ ਜਿਸੁ ਮਨਿ ਵਸਿਆ ਤਰਿਆ ਸੋਇ ॥ ਨਾਨਕ ਜੋ ਭਾਵੈ ਸੋ ਹੋਇ ॥ ੨ ॥ [੮੫੪]

ਪਦ ਅਰਥ :–ਵਾਹੇ–ਵਾਂਹਦਾ ਹੈ, ਵਾਹੀ ਕਰਦਾ ਹੈ । ਕੋ–ਕੋਈ (ਹੋਰ) । ਲੁਣੈ–(ਫਸਲ) ਵੱਢਦਾ ਹੈ । ਖਲਿਹਾਨਿ–ਖਲਵਾੜੇ ਵਿਚ, ਪਿੜਾਂ ਵਿਚ । ਨਾਨਕ–ਹੇ ਨਾਨਕ! ਏਵ–ਇਸ ਤਰ੍ਹਾਂ । ਨ ਜਾਪਈ–(ਪਰਮਾਤਮਾ ਦੀ ਰਜ਼ਾ ਦੀ) ਸਮਝ ਨਹੀਂ ਪੈਂਦੀ। ਕੋਈ–ਕੋਈ (ਹੋਰ) । ਨਿਦਾਨਿ–ਅੰਤ ਨੂੰ, ਆਖ਼ਰ ਵਿਚ । ੧ ।

ਮਨਿ–ਮਨ ਵਿਚ । ਤਰਿਆ–(ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਪਰ ਲੰਘ

ਗਿਆ। ਸੋਇ–ਉਹ ਮਨੁੱਖ। ਜੋ ਭਾਵੈ–ਜੋ ਕੁਝ (ਪਰਮਾਤਮਾ ਨੂੰ) ਚੰਗਾ ਲੱਗਦਾ ਹੈ।੨।

ਅਰਥ :–ਹੇ ਨਾਨਕ ! ਕੋਈ ਮਨੁੱਖ ਹਲ ਵਾਂਹਦਾ ਹੈ, ਕੋਈ (ਹੋਰ) ਮਨੁੱਖ (ਪੱਕਾ ਹੋਇਆ ਫ਼ਸਲ) ਵੱਢਦਾ ਹੈ, ਕੋਈ (ਹੋਰ) ਮਨੁੱਖ (ਉਸ ਵੱਢੇ ਹੋਏ ਫ਼ਸਲ ਨੂੰ] ਖਲਵਾੜੇ ਵਿਚ ਪਾਂਦਾ ਹੈ; ਪਰ ਅੰਤ ਨੂੰ (ਉਸ ਅੰਨ ਨੂੰ) ਖਾਂਦਾ ਕੋਈ ਹੋਰ ਹੈ। ਸੋ, ਇਸ ਤਰ੍ਹਾਂ (ਪਰਮਾਤਮਾ ਦੀ ਰਜ਼ਾ ਨੂੰ) ਸਮਝਿਆ ਨਹੀਂ ਜਾ ਸਕਦਾ (ਕਿ ਕਦੋਂ ਕੀਹ ਕੁਝ ਵਾਪਰੇਗਾ)।੧।

ਮ: ੧–ਹੇ ਨਾਨਕ ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦਾ ਹੈ (ਉਸ ਨੂੰ ਸਮਝ ਆ ਜਾਂਦੀ ਹੈ ਕਿ ਜਗਤ ਵਿਚ) ਉਹੀ ਕੁਝ ਹੁੰਦਾ ਹੈ ਜੋ (ਪਰਮਾਤਮਾ ਨੂੰ) ਚੰਗਾ ਲੱਗਦਾ ਹੈ।੨।

ਪਉੜੀ ॥ ਪਾਰਬ੍ਰਹਮਿ ਦਇਆਲਿ ਸਾਗਰੁ ਤਾਰਿਆ ॥ ਗੁਰਿ ਪੂਰੈ ਮਿਹਰਵਾਨਿ ਭਰਮੁ ਭਉ ਮਾਰਿਆ ॥ ਕਾਮ ਕ੍ਰੋਧੁ ਬਿਕਰਾਲੁ ਦੂਤ ਸਭਿ ਹਾਰਿਆ ॥ ਅੰਮ੍ਰਿਤ ਨਾਮੁ ਨਿਧਾਨੁ ਕੰਠਿ ਉਰਿ ਧਾਰਿਆ ॥ ਨਾਨਕ ਸਾਧੂ ਸੰਗਿ ਜਨਮੁ ਮਰਣੁ ਸਵਾਰਿਆ ॥ ੧੧ ॥ [ਪੰਨਾ ੮੫੪]

ਪਦ ਅਰਥ :–ਪਾਰਬ੍ਰਹਮਿ–ਪਾਰਬ੍ਰਹਮ ਨੇ। ਦਇਆਲਿ–ਦਇਆਲ ਨੇ। ਸਾਗਰੁ–ਸੰਸਾਰ-ਸਮੁੰਦਰ। ਗੁਰਿ ਪੂਰੈ–ਪੂਰੇ ਗੁਰੂ ਨੇ। ਭਰਮੁ–(ਮਨ ਦੀ) ਭਟਕਣਾ। ਭਉ–(ਮਨ ਦਾ) ਸਹਿਮ। ਬਿਕਰਾਲੁ–ਭਿਆਨਕ, ਡਰਾਉਣਾ। ਦੂਤ–ਵੈਰੀ। ਸਭਿ–ਸਾਰੇ। ਹਾਰਿਆ–ਥੱਕ ਗਏ। ਅੰਮ੍ਰਿਤ–ਆਤਮਕ ਜੀਵਨ ਦੇਣ ਵਾਲਾ। ਨਿਧਾਨੁ–(ਸਾਰੇ ਸੁਖਾਂ ਦਾ) ਖ਼ਜ਼ਾਨਾ। ਕੰਠਿ–ਗਲ ਵਿਚ। ਉਰਿ–ਹਿਰਦੇ ਵਿਚ। ਸਾਧੂ ਸੰਗਿ–ਗੁਰੂ ਦੀ ਸੰਗਤਿ ਵਿਚ। ਜਨਮੁ ਮਰਣੁ–ਸਾਰਾ ਜੀਵਨ (ਜਨਮ ਤੋਂ ਮੌਤ ਤਕ)।੧੧।

ਅਰਥ :–ਹੇ ਭਾਈ ! ਪੂਰੇ ਮਿਹਰਵਾਨ ਗੁਰੂ ਨੇ (ਜਿਸ ਮਨੁੱਖ ਦੇ ਮਨ ਦੀ) ਭਟ-ਕਣਾ ਤੇ ਸਹਿਮ ਮੁਕਾ ਦਿੱਤਾ, ਭਿਆਨਕ ਕ੍ਰੋਧ ਅਤੇ ਕਾਮ (ਆਦਿਕ) ਸਾਰੇ (ਉਸ ਦੇ) ਵੈਰੀ (ਉਸ ਉਤੇ ਜ਼ੋਰ ਪਾਣੋਂ) ਹਾਰ ਗਏ। ਹੇ ਨਾਨਕ ! (ਉਸ ਮਨੁੱਖ ਨੇ ਸਾਰੇ ਸੁਖਾਂ ਦਾ ਖ਼ਜ਼ਾਨਾ (ਪਰਮਾਤਮਾ ਦਾ) ਆਤਮਕ ਜੀਵਨ ਦੇਣ ਵਾਲਾ ਨਾਮ (ਆਪਣੇ) ਗਲੇ ਵਿਚ (ਆਪਣੇ) ਹਿਰਦੇ ਵਿਚ (ਸਦਾ ਲਈ) ਟਿਕਾ ਲਿਆ (ਤੇ ਇਸ ਤਰ੍ਹਾਂ) ਗੁਰੂ ਦੀ ਸੰਗਤਿ ਵਿਚ (ਰਹਿ ਕੇ ਉਸ ਨੇ ਆਪਣਾ) ਸਾਰਾ ਜੀਵਨ ਸੰਵਾਰ ਲਿਆ। ਦਿਆਲ ਪਾਰਬ੍ਰਹਮ ਨੇ ਉਸ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲਿਆ।੧੧।

ਸਲੋਕ ਮ:੩॥ ਜਿਨੀ ਨਾਮੁ ਵਿਸਾਰਿਆ ਕੂੜੇ ਕਹਣ ਕਹੰਨਿ੍ ॥

ਪੰਚ ਚੋਰ ਤਿਨਾ ਘਰੁ ਮੁਹਨਿ੍ ਹਉਮੈ ਅੰਦਰਿ ਸੰਨਿ੍ ॥ ਸਾਕਤ ਮੁਠੇ ਦੁਰਮਤੀ ਹਰਿਰਸੁ ਨ ਜਾਣੰਨਿ੍ ॥ ਜਿਨੀ ਅੰਮ੍ਰਿਤੁ ਭਰਮਿ ਲੁਟਾਇਆ ਬਿਖੁ ਸਿਉ ਰਚਹਿ ਰਚੰਨਿ੍ ॥ ਦੁਸਟਾ ਸੇਤੀ ਪਿਰਹੜੀ ਜਨ ਸਿਉ ਵਾਦੁ ਕਰੰਨਿ੍ ॥ ਨਾਨਕ ਸਾਕਤ ਨਰਕ ਮਹਿ ਜਮਿ ਬਧੇ ਦੁਖ ਸਹੰਨਿ੍ ॥ ਪਇਐ ਕਿਰਤਿ ਕਮਾਵਦੇ ਜਿਵ ਰਾਖਹਿ ਤਿਵੈ ਰਹੰਨਿ੍ ॥੧॥ [ਪੰਨਾ ੮੫੪]

ਪਦ ਅਰਥ :–ਕੂੜੇ ਕਹਣ–ਨਾਸਵੰਤ ਪਦਾਰਥਾਂ ਦੀਆਂ ਗੱਲਾਂ। ਕਹੰਨਿ੍–[ਅੱਖਰ 'ਨ' ਦੇ ਹੇਠ ਅੱਧਾ 'ਹ' ਹੈ] ਆਖਦੇ ਹਨ। ਮੁਹਨਿ੍–ਠੱਗ ਰਹੇ ਹਨ, ਲੁੱਟ ਰਹੇ ਹਨ। ਸੰਨਿ੍–ਸੰਨ੍, ਕੰਧ ਪਾੜ ਕੇ ਚੋਰੀ ਦਾ ਉੱਦਮ। ਸਾਕਤ–ਪਰਮਾਤਮਾ ਨਾਲੋਂ ਟੁੱਟੇ ਹੋਏ। ਮੁਠੇ–ਠੱਗੇ ਜਾ ਰਹੇ। ਦੁਰਮਤੀ–ਖੋਟੀ ਮਤ ਵਾਲੇ। ਅੰਮ੍ਰਿਤੁ–ਆਤਮਕ ਜੀਵਨ ਦੇਣ ਵਾਲਾ ਨਾਮ-ਰਸ। ਭਰਮਿ–(ਮਨ ਦੀ) ਭਟਕਣਾ ਵਿਚ। ਬਿਖੁ–ਜ਼ਹਿਰ। ਰਚਹਿ ਰਚੰਨਿ੍–ਸਦਾ ਮਸਤ ਰਹਿੰਦੇ ਹਨ। ਸੇਤੀ–ਨਾਲ। ਪਿਰਹੜੀ–ਪਿਆਰ। ਜਨ–ਭਗਤ, ਸੇਵਕ। ਵਾਦੁ–ਝਗੜਾ। ਜਮਿ–ਜਮ ਦੀ ਰਾਹੀਂ। ਪਇਐ ਕਿਰਤਿ–ਪਿਛਲੀ ਇਕੱਠੀ ਕੀਤੀ ਹੋਈ ਕਿਰਤ ਅਨੁਸਾਰ, ਪਿਛਲੇ ਕੀਤੇ ਕਰਮਾਂ ਅਨੁਸਾਰ। ਰਾਖਹਿ–ਹੇ ਪ੍ਰਭੂ ! ਤੂੰ ਰੱਖਦਾ ਹੈਂ। ੧।

ਅਰਥ :–ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ (ਪਰਮਾਤਮਾ ਦਾ) ਨਾਮ ਭੁਲਾ ਦਿੱਤਾ, ਉਹ ਸਦਾ ਨਾਸਵੰਤ ਪਦਾਰਥਾਂ ਦੀਆਂ ਹੀ ਗੱਲਾਂ ਕਰਦੇ ਰਹਿੰਦੇ ਹਨ। (ਕਾਮਾਦਿਕ) ਪੰਜੇ ਚੋਰ ਉਹਨਾਂ ਦਾ (ਹਿਰਦਾ-) ਘਰ ਲੁੱਟਦੇ ਰਹਿੰਦੇ ਹਨ, ਉਹਨਾਂ ਦੇ ਅੰਦਰ ਹਉਮੈ (ਦੀ) ਸੰਨ੍ ਲੱਗੀ ਰਹਿੰਦੀ ਹੈ। ਉਹ ਪਰਮਾਤਮਾ ਨਾਲੋਂ ਟੁੱਟੇ ਹੋਏ ਖੋਟੀ ਮਤ ਵਾਲੇ ਮਨੁੱਖ (ਇਹਨਾਂ ਵਿਕਾਰਾਂ ਦੀ ਹੱਥੀਂ ਹੀ) ਲੁੱਟੇ ਜਾਂਦੇ ਹਨ, ਪ੍ਰਭੂ ਦੇ ਨਾਮ ਦਾ ਸੁਆਦ ਉਹ ਨਹੀਂ ਜਾਣਦੇ ਪਛਾਣਦੇ।

ਹੇ ਭਾਈ ! ਜਿਨ੍ਹਾਂ ਮਨੁੱਖਾਂ ਨੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ (ਮਨ ਦੀ) ਭਟਕਣਾ ਵਿਚ (ਹੀ) ਲੁਟਾ ਦਿੱਤਾ, ਉਹ (ਆਤਮਕ ਜੀਵਨ ਦਾ ਨਾਸ ਕਰਨ ਵਾਲੀ ਮਾਇਆ) ਜ਼ਹਿਰ ਨਾਲ ਹੀ ਪਿਆਰ ਪਾਈ ਰੱਖਦੇ ਹਨ, ਭੈੜੇ ਮਨੁੱਖਾਂ ਨਾਲ ਉਹਨਾਂ ਦਾ ਪਿਆਰ ਹੁੰਦਾ ਹੈ, ਪਰਮਾਤਮਾ ਦੇ ਸੇਵਕਾਂ ਨਾਲ ਉਹ ਝਗੜਾ ਬਣਾਈ ਰੱਖਦੇ ਹਨ। ਹੇ ਨਾਨਕ ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਆਤਮਕ ਮੌਤ (ਦੀ ਫਾਹੀ) ਵਿਚ ਬੱਝੇ ਹੋਏ ਮਨੁੱਖ (ਮਾਨੋਂ) ਨਰਕਾਂ ਵਿਚ ਪਏ ਰਹਿੰਦੇ ਹਨ (ਸਦਾ) ਦੁੱਖ ਹੀ ਸਹਾਰਦੇ ਰਹਿੰਦੇ ਹਨ।

(ਪਰ, ਹੇ ਪ੍ਰਭੂ ! ਜੀਵਾਂ ਦੇ ਭੀ ਕੀਹ ਵੱਸ ?) ਜਿਵੇਂ ਤੂੰ (ਇਹਨਾਂ ਨੂੰ) ਰੱਖਦਾ ਹੈਂ

ਤਿਵੇਂ ਰਹਿੰਦੇ ਹਨ, ਤੇ, ਪਿਛਲੇ ਕੀਤੇ ਕਰਮਾਂ ਅਨੁਸਾਰ (ਹੁਣ ਭੀ ਉਹੋ ਜਿਹੇ) ਕਰਮ ਕਰੀ ਜਾ ਰਹੇ ਹਨ। ੧।

ਮ: ੩ ॥ ਜਿਨੀ ਸਤਿਗੁਰੁ ਸੇਵਿਆ ਤਾਣੁ ਨਿਤਾਣੇ ਤਿਸੁ ॥ ਸਾਸਿ ਗਿਰਾਸਿ ਸਦਾ ਮਨਿ ਵਸੈ ਜਮੁ ਜੋਹਿ ਨ ਸਕੈ ਤਿਸੁ ॥ ਹਿਰਦੈ ਹਰਿ ਹਰਿ ਨਾਮ ਰਸੁ ਕਵਲਾ ਸੇਵਕਿ ਤਿਸੁ ॥ ਹਰਿ ਦਾਸਾ ਕਾ ਦਾਸੁ ਹੋਇ ਪਰਮ ਪਦਾਰਥੁ ਤਿਸੁ ॥ ਨਾਨਕ ਮਨਿ ਤਨਿ ਜਿਸੁ ਪ੍ਰਭੁ ਵਸੈ ਹਉ ਸਦ ਕੁਰਬਾਣੈ ਤਿਸੁ ॥ ਜਿਨ੍ ਕਉ ਪੂਰਬਿ ਲਿਖਿਆ ਰਸੁ ਸੰਤ ਜਨਾ ਸਿਉ ਤਿਸੁ ॥ ੨ ॥
[ਪੰਨਾ ੯੫੪]

ਪਦ ਅਰਥ :–ਸਤਿਗੁਰੁ ਸੇਵਿਆ–ਗੁਰੂ ਦੀ ਦੱਸੀ ਕਾਰ ਕੀਤੀ। ਤਾਣੁ–(ਆਤਮਕ) ਬਲ। ਸਾਸਿ–(ਹਰੇਕ) ਸਾਹ ਦੇ ਨਾਲ। ਗਿਰਾਸਿ–(ਹਰੇਕ) ਗਿਰਾਹੀ ਦੇ ਨਾਲ। ਮਨਿ–ਮਨ ਵਿਚ। ਜੋਹਿ ਨ ਸਕੈ–ਤੱਕ ਭੀ ਨਹੀਂ ਸਕਦਾ, ਨੇੜੇ ਨਹੀਂ ਢੁਕਦਾ। ਹਿਰਦੈ–ਹਿਰਦੇ ਵਿਚ। ਰਸੁ–ਸੁਆਦ। ਕਵਲਾ–ਲੱਛਮੀ, ਮਾਇਆ। ਸੇਵਕਿ–ਦਾਸੀ। ਪਰਮ ਪਦਾਰਥੁ–ਸਭ ਤੋਂ ਉੱਚਾ (ਨਾਮ) ਪਦਾਰਥ। ਤਨਿ–ਤਨ ਵਿਚ, ਹਿਰਦੇ ਵਿਚ। ਹਉ–ਮੈਂ। ਸਦ–ਸਦਾ। ਪੂਰਬਿ ਲਿਖਿਆ–ਪਿਛਲੇ ਕੀਤੇ ਕਰਮਾਂ ਅਨੁਸਾਰ ਲਿਖਿਆ ਹੋਇਆ ਲੇਖ। ਰਸੁ–ਪ੍ਰੇਮ, ਆਨੰਦ। ਸਿਉ–ਨਾਲ। ੨।

ਅਰਥ :–ਹੇ ਭਾਈ! ਜਿਹੜਾ ਜਿਹੜਾ ਨਿਤਾਣਾ ਮਨੁੱਖ (ਭੀ) ਗੁਰੂ ਦੀ ਦੱਸੀ (ਸਿਮਰਨ ਦੀ) ਕਾਰ ਕਰਦਾ ਹੈ, ਉਸ ਨੂੰ (ਆਤਮਕ) ਬਲ ਮਿਲ ਜਾਂਦਾ ਹੈ। ਹਰੇਕ ਸਾਹ ਦੇ ਨਾਲ ਹਰੇਕ ਗਿਰਾਹੀ ਦੇ ਨਾਲ ਹਰ ਵੇਲੇ (ਪਰਮਾਤਮਾ ਉਸ ਦੇ)ਮਨ ਵਿਚ ਆ ਵੱਸਦਾ ਹੈ, ਆਤਮਕ ਮੌਤ ਉਸ ਦੇ ਨੇੜੇ ਨਹੀਂ ਢੁਕਦੀ। ਉਸ ਨੂੰ ਆਪਣੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਸੁਆਦ ਆਉਂਦਾ ਰਹਿੰਦਾ ਹੈ, ਮਾਇਆ ਉਸ ਦੀ ਦਾਸੀ ਬਣ ਜਾਂਦੀ ਹੈ (ਉਸ ਉਤੇ ਜੋਰ ਨਹੀਂ ਪਾ ਸਕਦੀ)। ਉਹ ਮਨੁੱਖ ਪ੍ਰਭੂ ਦੇ ਸੇਵਕਾਂ ਦਾ ਸੇਵਕ ਬਣਿਆ ਰਹਿੰਦਾ ਹੈ, ਉਸ ਨੂੰ ਸਭ ਤੋਂ ਸ੍ਰੇਸ਼ਟ ਪਦਾਰਥ (ਹਰਿ-ਨਾਮ) ਪ੍ਰਾਪਤ ਹੋ ਜਾਂਦਾ ਹੈ।

ਹੇ ਨਾਨਕ! (ਆਖ–) ਮੈਂ ਉਸ ਮਨੁੱਖ ਤੋਂ ਸਦਾ ਸਦਕੇ ਜਾਂਦਾ ਹਾਂ ਜਿਸ ਦੇ ਮਨ ਵਿਚ ਜਿਸ ਦੇ ਹਿਰਦੇ ਵਿਚ ਪਰਮਾਤਮਾ (ਦਾ ਨਾਮ) ਟਿਕਿਆ ਰਹਿੰਦਾ ਹੈ। ਪਰ. ਹੇ ਭਾਈ! ਉਸ ਉਸ ਮਨੁੱਖ ਦਾ ਹੀ ਪਿਆਰ ਸੰਤ ਜਨਾਂ ਨਾਲ ਬਣਦਾ ਹੈ ਜਿਸ ਜਿਸ ਦੇ ਭਾਗਾਂ ਵਿਚ ਪਿਛਲੇ ਕੀਤੇ ਕਰਮਾਂ ਅਨੁਸਾਰ (ਸਿਮਰਨ ਦਾ) ਲੇਖ ਲਿਖਿਆ ਹੁੰਦਾ ਹੈ। ੨।

ਪਉੜੀ ॥ ਜੋ ਬੋਲੇ ਪੂਰਾ ਸਤਿਗੁਰੂ ਸੋ ਪਰਮੇਸਰਿ ਸੁਣਿਆ ॥ ਸੋਈ

ਵਰਤਿਆ ਜਗਤ ਮਹਿ ਘਟਿ ਘਟਿ ਮੁਖਿ ਭਣਿਆ ॥ ਬਹੁਤੁ ਵਡਿਆਈਆ ਸਾਹਿਬੈ ਨਹ ਜਾਹੀ ਗਣੀਆ ॥ ਸਚੁ ਸਹਜੁ ਅਨਦੁ ਸਤਿਗੁਰੂ ਪਾਸਿ ਸਚੀ ਗੁਰ ਮਣੀਆ॥ ਨਾਨਕ ਸੰਤ ਸਵਾਰੇ ਪਾਰਬ੍ਰਹਮਿ ਸਚੇ ਜਿਉ ਬਣਿਆ॥੧੨॥
[ਪੰਨਾ ੯੫੪]

ਪਦ ਅਰਥ :–ਪਰਮੇਸਰਿ–ਪਰਮੇਸਰ ਨੇ । ਸੁਣਿਆ–ਧਿਆਨ ਦਿੱਤਾ । ਸੋਈ–ਉਹੀ ਬਚਨ । ਘਟਿ ਘਟਿ–ਹਰੇਕ ਹਿਰਦੇ ਵਿਚ । ਮੁਖਿ–ਮੂੰਹ ਨਾਲ। ਭਣਿਆ–ਉਚਾ-ਰਿਆ । ਸਾਹਿਬੈ–ਮਾਲਕ ਦੀਆਂ । ਸਚੁ–ਸਦਾ ਕਾਇਮ ਰਹਿਣ ਵਾਲਾ ਹਰਿ-ਨਾਮ । ਸਹਜੁ–ਆਤਮਕ ਅਡੋਲਤਾ । ਸਚੀ–ਸਦਾ ਕਾਇਮ ਰਹਿਣ ਵਾਲੀ । ਮਣੀਆ–ਮਣੀ, ਰਤਨ, ਉਪਦੇਸ਼ । ਸਚੇ ਜਿਉ–ਸਦਾ-ਥਿਰ ਪ੍ਰਭੂ ਵਰਗੇ । ੧੨ ।

ਅਰਥ :–ਹੇ ਭਾਈ ! ਪੂਰਾ ਗੁਰੂ ਜਿਹੜਾ (ਸਿਫ਼ਤਿ ਸਾਲਾਹ ਦਾ) ਬਚਨ ਬੋਲਦਾ ਹੈ, ਪਰਮਾਤਮਾ ਉਸ ਵਲ ਧਿਆਨ ਦੇਂਦਾ ਹੈ । ਗੁਰੂ ਦਾ ਉਹ ਬਚਨ ਸਾਰੇ ਸੰਸਾਰ ਵਿਚ ਪ੍ਰਭਾਵ ਪਾਂਦਾ ਹੈ, ਹਰੇਕ ਹਿਰਦੇ ਵਿਚ (ਪ੍ਰਭਾਵ ਪਾਂਦਾ ਹੈ, ਹਰੇਕ ਮਨੁੱਖ ਆਪਣੇ) ਮੂੰਹ ਨਾਲ ਉਚਾਰਦਾ ਹੈ । (ਹੇ ਭਾਈ ! ਗੁਰੂ ਦੱਸਦਾ ਹੈ ਕਿ) ਮਾਲਕ-ਪ੍ਰਭੂ ਵਿਚ ਬੇਅੰਤ ਗੁਣ ਹਨ ਗਿਣੇ ਨਹੀਂ ਜਾ ਸਕਦੇ । ਹੇ ਭਾਈ ! ਪ੍ਰਭੂ ਦਾ ਸਦਾ-ਥਿਰ ਨਾਮ, ਆਤਮਕ ਅਡੋਲਤਾ, ਆਤਮਕ ਅਨੰਦ (ਇਹ) ਗੁਰੂ ਦੇ ਪਾਸ (ਹੀ ਹਨ, ਗੁਰੂ ਪਾਸੋਂ ਹੀ ਇਹ ਦਾਤਾਂ ਮਿਲਦੀਆਂ ਹਨ) । ਗੁਰੂ ਦਾ ਉਪਦੇਸ਼ ਸਦਾ ਕਾਇਮ ਰਹਿਣ ਵਾਲਾ ਰਤਨ ਹੈ ।

ਹੇ ਨਾਨਕ ! ਪਰਮਾਤਮਾ ਆਪਣੇ ਸੇਵਕਾਂ ਦੇ ਜੀਵਨ ਆਪ ਸੋਹਣੇ ਬਣਾਂਦਾ ਹੈ, ਸੰਤ ਜਨ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਰਗੇ ਬਣ ਜਾਂਦੇ ਹਨ । ੧੨ ।

ਸਲੋਕ ਮ: ੩॥ਆਪਣਾ ਆਪੁ ਨ ਪਛਾਣਈ ਹਰਿਪ੍ਰਭੁ ਜਾਤਾ ਦੂਰਿ॥ ਗੁਰ ਕੀ ਸੇਵਾ ਵਿਸਰੀ ਕਿਉ ਮਨੁ ਰਹੈ ਹਜੂਰਿ ॥ ਮਨਮੁਖਿ ਜਨਮੁ ਗਵਾ-ਇਆ ਝੂਠੈ ਲਾਲਚਿ ਕੂਰਿ॥ ਨਾਨਕ ਬਖਸਿ ਮਿਲਾਇਅਨੁ ਸਚੈ ਸਬਦਿ ਹਦੂਰਿ ॥ ੧ ॥ [ਪੰਨਾ ੯੫੪]

ਪਦ ਅਰਥ :–ਆਪਣਾ ਆਪੁ–ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ । ਜਾਤਾ–ਸਮਝਿਆ । ਵਿਸਰੀ–ਭੁੱਲ ਗਈ । ਕਿਉ ਰਹੈ–ਕਿਵੇਂ ਰਹਿ ਸਕਦਾ ਹੈ ? ਨਹੀਂ ਰਹਿ ਸਕਦਾ । ਹਜੂਰਿ–(ਪਰਮਾਤਮਾ ਦੀ) ਹਜ਼ੂਰੀ ਵਿਚ । ਮਨਮੁਖਿ–ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੇ । ਲਾਲਚਿ–ਲਾਲਚ ਵਿਚ । ਕੂਰਿ–ਕੂੜ ਵਿਚ, ਮਾਇਆ ਦੇ ਮੋਹ ਵਿਚ । ਬਖਸਿ–ਬਖ਼ਸ਼ਸ਼ ਕਰ ਕੇ । ਮਿਲਾਇਅਨੁ–ਮਿਲਾ ਲਏ ਉਸ ਪਰਮਾਤਮਾ ਨੇ । ਸਚੈ ਸਬਦਿ–ਸਿਫ਼ਤਿ ਸਾਲਾਹ ਦੇ ਸ਼ਬਦ ਦੀ ਰਾਹੀਂ । ਹਦੂਰਿ–(ਆਪਣੀ) ਹਜ਼ੂਰੀ ਵਿਚ । ੧ ।

ਅਰਥ :-(ਹੇ ਭਾਈ ! ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ) ਆਪਣੇ ਆਤਮਕ ਜੀਵਨ ਨੂੰ (ਕਦੇ) ਪਰਖਦਾ ਨਹੀਂ, ਉਹ ਪਰਮਾਤਮਾ ਨੂੰ (ਕਿਤੇ) ਦੂਰ ਵੱਸਦਾ ਸਮਝਦਾ ਹੈ, ਉਸ ਨੂੰ ਗੁਰੂ ਦੀ ਦੱਸੀ ਕਾਰ (ਸਦਾ) ਭੁੱਲੀ ਰਹਿੰਦੀ ਹੈ, (ਇਸ ਵਾਸਤੇ ਉਸ ਦਾ) ਮਨ (ਪਰਮਾਤਮਾ ਦੀ) ਹਜ਼ੂਰੀ ਵਿਚ (ਕਦੇ) ਨਹੀਂ ਟਿਕਦਾ ।

ਹੇ ਨਾਨਕ ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਨੇ ਝੂਠੇ ਲਾਲਚ ਵਿਚ (ਲੱਗ ਕੇ)ਮਾਇਆ ਦੇ ਮੋਹ ਵਿਚ(ਫਸ ਕੇ ਹੀ ਆਪਣਾ)ਜੀਵਨ ਗਵਾ ਲਿਆ ਹੁੰਦਾ ਹੈ । ਜਿਹੜੇ ਮਨੁੱਖ ਸਿਫ਼ਤ ਸਾਲਾਹ ਵਾਲੇ ਗੁਰ-ਸ਼ਬਦ ਦੀ ਰਾਹੀਂ (ਪਰਮਾਤਮਾ ਦੀ) ਹਜ਼ੂਰੀ ਵਿਚ ਟਿਕੇ ਰਹਿੰਦੇ ਹਨ, ਉਹਨਾਂ ਨੂੰ ਪਰਮਾਤਮਾ ਨੇ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਮਿਲਾ ਲਿਆ ਹੁੰਦਾ ਹੈ ।੧।

ਮਃ ੩ ॥ ਹਰਿ ਪ੍ਰਭੁ ਸਚਾ ਸੋਹਿਲਾ ਗੁਰਮੁਖਿ ਨਾਮੁ ਗੋਵਿੰਦੁ ॥ ਅਨਦਿਨੁ ਨਾਮੁ ਸਲਾਹਣਾ ਹਰਿ ਜਪਿਆ ਮਨਿ ਆਨੰਦੁ॥ ਵਡਭਾਗੀ ਹਰਿ ਪਾਇਆ ਪੂਰਨੁ ਪਰਮਾਨੰਦੁ ॥ ਜਨ ਨਾਨਕ ਨਾਮੁ ਸਲਾਹਿਆ ਬਹੁੜਿ ਨ ਮਨਿ ਤਨਿ ਭੰਗੁ ॥ ੨ ॥ [ਪੰਨਾ ੯੫੪]

ਪਦ ਅਰਥ :-ਸਚਾ-ਸਦਾ ਕਾਇਮ ਰਹਿਣ ਵਾਲਾ । ਸੋਹਿਲਾ-ਸਿਫ਼ਤਿ-ਸਾਲਾਹ ਦਾ ਗੀਤ । ਗੁਰਮੁਖਿ-ਗੁਰੂ ਦੀ ਸਰਨ ਪਿਆਂ । ਅਨਦਿਨੁ-ਹਰ ਰੋਜ਼, ਹਰ ਵੇਲੇ । ਮਨਿ -ਮਨ ਵਿਚ । ਵਡਭਾਗੀ-ਵੱਡੇ ਭਾਗਾਂ ਵਾਲੇ ਨੇ। ਪਰਮਾਨੰਦੁ-ਸਭ ਤੋਂ ਉੱਚੇ ਅਨੰਦ ਦਾ ਮਾਲਕ ਪ੍ਰਭੂ । ਬਹੁੜਿ-ਮੁੜ, ਫਿਰ । ਤਨਿ-ਤਨ ਵਿਚ । ਭੰਗੁ-ਤੋਟ, ਪ੍ਰਭੂ ਨਾਲੋਂ ਵਿਛੋੜਾ ।੨।

ਅਰਥ :-ਹੇ ਭਾਈ ! ਹਰੀ ਪ੍ਰਭੂ ਗੋਬਿੰਦ ਸਦਾ ਕਾਇਮ ਰਹਿਣ ਵਾਲਾ ਹੈ, (ਉਸ ਦੀ) ਸਿਫ਼ਤਿ ਸਾਲਾਹ ਦਾ ਗੀਤ (ਉਸ ਦਾ) ਨਾਮ ਗੁਰੂ ਦੀ ਸਰਨ ਪਿਆਂ(ਮਿਲਦਾ ਹੈ)। (ਜਿਸ ਮਨੁੱਖ ਨੂੰ ਹਰਿ-ਨਾਮ ਮਿਲਦਾ ਹੈ, ਉਹ) ਹਰ ਵੇਲੇ ਹੀ ਨਾਮ ਸਿਮਰਦਾ ਰਹਿੰਦਾ ਹੈ, ਅਤੇ ਪਰਮਾਤਮਾ ਦਾ ਨਾਮ ਸਿਮਰਦਿਆਂ (ਉਸ ਦੇ) ਮਨ ਵਿਚ ਆਤਮਕ ਆਨੰਦ ਬਣਿਆ ਰਹਿੰਦਾ ਹੈ । ਪਰ, ਹੇ ਭਾਈ! ਪਰਮ ਆਨੰਦ ਦਾ ਮਾਲਕ ਪੂਰਨ ਪ੍ਰਭੂ ਪਰਮਾਤਮਾ ਵਡੇ ਭਾਗਾਂ ਨਾਲ ਹੀ ਮਿਲਦਾ ਹੈ । ਹੇ ਨਾਨਕ ! (ਆਖ-ਜਿਨ੍ਹਾਂ) ਦਾਸਾਂ ਨੇ (ਪਰਮਾਤਮਾ ਦਾ) ਨਾਮ ਸਿਮਰਿਆ,ਉਹਨਾਂ ਦੇ ਮਨ ਵਿਚ ਉਹਨਾਂ ਦੇ ਤਨ ਵਿਚ ਮੁੜ ਕਦੇ(ਪਰਮਾਤਮਾ ਨਾਲੋਂ) ਵਿੱਥ ਨਹੀਂ ਬਣਦੀ ।੨।

ਪਉੜੀ ॥ ਕੋਈ ਨਿੰਦਕੁ ਹੋਵੈ ਸਤਿਗੁਰੂ ਕਾ ਫਿਰਿ ਸਰਣਿ ਗੁਰ ਆਵੈ॥ ਪਿਛਲੇ ਗੁਨਹ ਸਤਿਗੁਰੂ ਬਖਸਿ ਲਏ ਸਤਸੰਗਤਿ ਨਾਲਿ ਰਲਾਵੈ॥

ਜਿਉ ਮੀਹਿ ਵੁਠੈ ਗਲੀਆ ਨਾਲਿਆ ਟੋਭਿਆ ਕਾ ਜਲੁ ਜਾਇ ਪਵੈ ਵਿਚਿ ਸੁਰਸਰੀ ਸੁਰਸਰੀ ਮਿਲਤ ਪਵਿਤ੍ਰੁ ਪਾਵਨੁ ਹੋਇ ਜਾਵੈ ॥ ਏਹ ਵਡਿਆਈ ਸਤਿਗੁਰ ਨਿਰਵੈਰ ਵਿਚਿ ਜਿਤੁ ਮਿਲਿਐ ਤਿਸਨਾ ਭੁਖ ਉਤਰੈ ਹਰਿ ਸਾਂਤਿ ਤੜ ਆਵੈ ॥ ਨਾਨਕ ਇਹੁ ਅਚਰਜੁ ਦੇਖਹੁ ਮੇਰੇ ਹਰਿ ਸਚੇ ਸਾਹ ਕਾ ਜਿ ਸਤਿਗੁਰੂ ਨੋ ਮੰਨੈ ਸੁ ਸਭਨਾ ਭਾਵੈ ॥੧੩॥੧॥ ਸੁਧੁ [ਪੰਨਾ ੯੫੪]

ਪਦ ਅਰਥ:-ਗੁਨਹ-ਗੁਨਾਹ,ਔਗਣ। ਮੀਹਿ ਵੁਠੈ-[ਪੂਰਬ ਪੂਰਨ ਕਾਰਦੰਤਕ Locative Absolute] ਮੀਂਹ ਪਿਆਂ। ਸੁਰਸਰੀ-ਗੰਗਾ। ਪਾਵਨੁ-ਪਵਿੱਤਰ। ਜਿਤੁ ਮਿਲਿਐ-ਜਿਸ ਦੇ ਮਿਲਿਆਂ, ਜੇ ਉਹ ਮਿਲ ਪਏ। ਹਰਿ ਸਾਂਤਿ-ਪਰਮਾਤਮਾ (ਦੇ ਮਿਲਾਪ) ਦੀ ਠੰਢ । ਤੜ-ਤੁਰਤ। ਸਚੇ ਸਾਹ ਕਾ-ਸਦਾ ਕਾਇਮ ਰਹਿਣ ਵਾਲੇ ਸ਼ਾਹ ਦਾ। ਮੰਨੈ-ਸਰਧਾ ਲਿਆਵੇ। ਭਾਵੈ-ਚੰਗਾ ਲੱਗਦਾ ਹੈ। ੧੩।

ਅਰਥ :-(ਜੇ) ਕੋਈ ਮਨੁੱਖ(ਪਹਿਲਾਂ) ਗੁਰੂ ਦੀ ਨਿੰਦਾ ਕਰਨ ਵਾਲਾ ਹੋਵੇ(ਪਰ) ਫਿਰ ਗੁਰੂ ਦੀ ਸਰਨ ਆ ਜਾਏ, ਤਾਂ ਸਤਿਗੁਰੂ (ਉਸ ਦੇ) ਪਿਛਲੇ ਔਗਣ ਬਖ਼ਸ਼ ਲੈਂਦਾ ਹੈ (ਤੇ ਉਸ ਨੂੰ) ਸਾਧ ਸੰਗਤਿ ਵਿਚ ਰਲਾ ਦੇਂਦਾ ਹੈ।

ਹੇ ਭਾਈ ! ਜਿਵੇਂ ਮੀਂਹ ਪਿਆਂ ਗਲੀਆਂ ਨਾਲਿਆਂ ਟੋਭਿਆਂ ਦਾ ਪਾਣੀ (ਜਦੋਂ) ਗੰਗਾ ਵਿਚ ਜਾ ਪੈਂਦਾ ਹੈ (ਤਾਂ) ਗੰਗਾ ਵਿਚ ਮਿਲਦਿਆਂ (ਹੀ ਉਹ ਪਾਣੀ) ਪੂਰਨ ਤੌਰ ਤੇ ਪਵਿੱਤਰ ਹੋ ਜਾਂਦਾ ਹੈ, (ਤਿਵੇਂ) ਨਿਰਵੈਰ ਸਤਿਗੁਰੂ ਵਿਚ (ਭੀ) ਇਹ ਗੁਣ ਹੈ ਕਿ ਉਸ (ਗੁਰੂ) ਨੂੰ ਮਿਲਿਆਂ (ਮਨੁੱਖ ਦੀ ਮਾਇਆ ਦੀ) ਤ੍ਰਿਹ (ਮਾਇਆ ਦੀ) ਭੁੱਖ ਦੂਰ ਹੋ ਜਾਂਦੀ ਹੈ(ਤੇ ਉਸ ਦੇ ਅੰਦਰ)ਪਰਮਾਤਮਾ (ਦੇ ਮਿਲਾਪ) ਦੀ ਠੰਢ ਤੁਰਤ ਪੈ ਜਾਂਦੀ ਹੈ।

ਹੇ ਨਾਨਕ ! (ਆਖ-ਹੇ ਭਾਈ!) ਸਦਾ ਕਾਇਮ ਰਹਿਣ ਵਾਲੇ ਸ਼ਾਹ ਪਰਮਾਤਮਾ ਦਾ ਇਹ ਅਚਰਜ ਤਮਾਸ਼ਾ ਵੇਖੋ ਕਿ ਜਿਹੜਾ ਮਨੁੱਖ ਗੁਰੂ ਉਤੇ ਸਰਧਾ ਲਿਆਉਂਦਾ ਹੈ ਉਹ ਮਨੁੱਖ ਸਭਨਾਂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ। ੧੩ । ੧ । ਸੁਧੁ ।

ੴ ਸਤਿਨਾਮੁ ਕਰਤਾ ਪੁਰਖੁ ਗੁਰਪ੍ਰਸਾਦਿ ॥

ਰਾਗ ਬਿਲਾਵਲੁ

ਬਿਲਾਵਲੁ ਬਾਣੀ ਭਗਤਾ ਕੀ ਕਬੀਰ ਜੀਉ ਕੀ

ਐਸੋ ਇਹੁ ਸੰਸਾਰੁ ਪੇਖਨਾ, ਰਹਨੁ ਨ ਕੋਊ ਪਈ ਹੈ ਰੇ ॥ ਸੂਧੇ ਸੂਧੇ ਰੇਗਿ ਚਲਹੁ ਤੁਮ, ਨਤਰ ਕੁਧਕਾ ਦਿਵਈਹੈ ਰੇ ॥ ੧ ॥ ਰਹਾਉ ॥ ਬਾਰੇ ਬੂਢੇ ਤਰੁਨੇ ਭਈਆ, ਸਭ ਹੂ ਜਮੁ ਲੈ ਜਈਹੈ ਰੇ ॥ ਮਾਨਸੁ ਬਪੁਰਾ ਮੂਸਾ ਕੀਨੋ, ਮੀਚੁ ਬਿਲਈਆ ਖਈ ਹੈ ਰੇ ॥ ੨ ॥ ਧਨਵੰਤਾ ਅਰੁ ਨਿਰਧਨ ਮਨਈ, ਤਾ ਕੀ ਕਛੂ ਨਾ ਕਾਨੀ ਰੇ ॥ ਰਾਜਾ ਪਰਜਾ ਸਮ ਕਰਿ ਮਾਰੈ, ਐਸੋ ਕਾਲੁ ਬਡਾਨੀ ਰੇ ॥ ੩ ॥ ਹਰਿ ਕੇ ਸੇਵਕ ਜੋ ਹਰਿ ਭਾਏ, ਤਿਨ੍ ਕੀ ਕਥਾ ਨਿਰਾਰੀ ਰੇ ॥ ਆਵਹਿ ਨ ਜਾਹਿ, ਨ ਕਬਹੂ ਮਰਤੇ, ਪਾਰਬ੍ਰਹਮ ਸੰਗਾਰੀ ਰੇ ॥ ੪ ॥ ਪੁਤ੍ਰ ਕਲਤ੍ਰ ਲਛਿਮੀ ਮਾਇਆ, ਇਹੈ ਤਜਹੁ ਜੀਅ ਜਾਨੀ ਰੇ ॥ ਕਹਤ ਕਬੀਰੁ, ਸੁਨਹੁ ਰੇ ਸੰਤਹੁ, ਮਿਲਿ ਹੈ ਸਾਰਿਗਪਾਨੀ ਰੇ ॥੫॥੧॥

[ਪੰਨਾ ੮੫੫]

ਪਦ ਅਰਥ :–ਪੇਖਨਾ–ਵੇਖਣ ਵਿਚ ਆ ਰਿਹਾ ਹੈ। ਰਹਨੁ ਪਈ ਹੈ–ਰਹਿਣਾ ਪਏਗਾ, ਰਹਿ ਸਕੇਗਾ, ਸਦਾ ਰਹਿ ਸਕੇਗਾ। ਰੇ–ਹੇ ਭਾਈ! ਸੂਧੇ–ਸਿੱਧੇ। ਰੇਗਿ–ਰਾਹ ਉੱਤੇ। ਨਤਰ–ਨਹੀਂ ਤਾਂ। ਕੁਧਕਾ–ਕੁ-ਧੱਕਾ, ਡਾਢਾ ਧੱਕਾ। ਦਿਵਈ ਹੈ–ਮਿਲੇਗਾ। ਰਹਾਉ।

ਬਾਰੇ–ਬਾਲਕ। ਤਰੁਨੇ–ਜੁਆਨ। ਭਈਆ–ਹੇ ਭਾਈ! ਸਭ ਹੂ–ਸਾਰਿਆਂ ਨੂੰ ਹੀ। ਲੈ ਜਈ ਹੈ–ਲੈ ਜਾਇਗਾ। ਬਪੁਰਾ–ਵਿਚਾਰਾ। ਮੂਸਾ–ਚੂਹਾ। ਮੀਚੁ–ਮੌਤ। ਬਿਲਈਆ–ਬਿੱਲਾ। ੨।

ਮਨਈ–ਮਨੁੱਖ (ਪੂਰਬ ਦੇਸ ਦੀ ਬੋਲੀ)। ਕਾਨੀ–ਕਾਣ, ਮੁਥਾਜੀ, ਲਿਹਾਜ਼। ਸਮ–ਸਾਵਾਂ। ਬਡਾਨੀ–ਡਾਢਾ, ਬਲੀ। ੩।

ਭਾਏ–ਭਾਉਂਦੇ ਹਨ, ਪਿਆਰੇ ਲੱਗਦੇ ਹਨ। ਕਥਾ–ਗੱਲ। ਨਿਰਾਰੀ–ਵੱਖਰੀ, ਨਿਰਾਲੀ। ਸੰਗਾਰੀ–ਸੰਗੀ, ਸਾਥੀ। ੪।

ਕਲਤ੍ਰ–ਵਹੁਟੀ। ਇਹੈ–ਇਹ ਹੀ, ਇਹਨਾਂ ਦਾ ਮੋਹ ਹੀ। ਤਜਹੁ–ਛੱਡ ਦੇਹੁ। ਜੀਅ ਰੇ–ਹੇ ਜਿੰਦੇ! ਜੀਅ ਜਾਨੀ ਰੇ–ਹੇ ਜਾਨੀ ਜੀਅ! ਹੇ ਪਿਆਰੀ ਜਿੰਦੇ! ਸਾਰਿਗਪਾਨ –[ਸਾਰਿਗ–ਵਿਸ਼ਨੂੰ ਦਾ ਧਨਖ। ਪਾਨੀ–ਹੱਥ] ਜਿਸ ਦੇ ਹੱਥ ਵਿਚ ਸਾਰਿਗ ਧਨਖ ਹੈ

ਜੋ ਸਭ ਦਾ ਨਾਸ ਕਰਨ ਵਾਲਾ ਹੈ, ਪਰਮਾਤਮਾ। ੫।

ਅਰਥ :—ਹੇ ਜਿੰਦੇ ! ਇਹ ਜਗਤ ਅਜਿਹਾ ਵੇਖਣ ਵਿਚ ਆ ਰਿਹਾ ਹੈ, ਕਿ ਇੱਥੇ ਕੋਈ ਭੀ ਜੀਵ ਸਦਾ ਥਿਰ ਨਹੀਂ ਰਹੇਗਾ। ਸੋ, ਤੂੰ ਸਿੱਧੇ ਰਾਹੇ ਤੁਰੀਂ, ਨਹੀਂ ਤਾਂ ਬੁਰਾ ਧੱਕਾ ਵੱਜਣ ਦਾ ਡਰ ਹੈ (ਭਾਵ, ਇਸ ਭੁਲੇਖੇ ਵਿਚ ਕਿ ਇੱਥੇ ਸਦਾ ਬਹਿ ਰਹਿਣਾ ਹੈ, ਕੁਰਾਹੇ ਪੈਣ ਦਾ ਬੜਾ ਖ਼ਤਰਾ ਹੁੰਦਾ ਹੈ)। ੧।

ਹੇ ਜਿੰਦੇ ! ਬਾਲਕ ਹੋਵੇ, ਬੁੱਢਾ ਹੋਵੇ, ਚਾਹੇ ਜੁਆਨ ਹੋਵੇ, ਮੌਤ ਸਭਨਾਂ ਨੂੰ ਹੀ ਇੱਥੋਂ ਲੈ ਜਾਂਦੀ ਹੈ। ਮਨੁੱਖ ਵਿਚਾਰਾ ਤਾਂ, ਮਾਨੋ, ਚੂਹਾ ਬਣਾਇਆ ਗਿਆ ਹੈ ਜਿਸ ਨੂੰ ਮੌਤ-ਰੂਪ ਬਿੱਲਾ ਖਾ ਜਾਂਦਾ ਹੈ। ੨।

ਹੇ ਜਿੰਦੇ ! ਮਨੁੱਖ ਧਨਵਾਨ ਹੋਵੇ ਭਾਵੇਂ ਕੰਗਾਲ, ਮੌਤ ਨੂੰ ਕਿਸੇ ਦਾ ਲਿਹਾਜ਼ ਨਹੀਂ ਹੈ। ਮੌਤ ਰਾਜੇ ਤੇ ਪਰਜਾ ਨੂੰ ਇੱਕ-ਸਮਾਨ ਮਾਰ ਲੈਂਦੀ ਹੈ, ਇਹ ਮੌਤ ਹੈ ਹੀ ਐਸੀ ਡਾਢੀ। ੩।

ਪਰ ਜੋ ਬੰਦੇ ਪ੍ਰਭੂ ਦੀ ਭਗਤੀ ਕਰਦੇ ਹਨ ਤੇ ਪ੍ਰਭੂ ਨੂੰ ਪਿਆਰੇ ਲੱਗਦੇ ਹਨ, ਉਹਨਾਂ ਦੀ ਗੱਲ (ਸਾਰੇ ਜਹਾਨ ਨਾਲੋਂ) ਨਿਰਾਲੀ ਹੈ। ਉਹ ਨਾਂਹ ਜੰਮਦੇ ਹਨ ਨਾਂਹ ਮਰਦੇ ਹਨ, ਕਿਉਂਕਿ, ਹੇ ਜਿੰਦੇ ! ਉਹ ਪਰਮਾਤਮਾ ਨੂੰ ਸਦਾ ਆਪਣਾ ਸੰਗੀ-ਸਾਥੀ ਜਾਣਦੇ ਹਨ। ੪।

ਸੋ, ਹੇ ਪਿਆਰੀ ਜਿੰਦ ! ਪੁੱਤਰ, ਵਹੁਟੀ, ਧਨ-ਪਦਾਰਥ—ਇਹਨਾਂ ਦਾ ਮੋਹ ਛੱਡ ਦੇਹ। ਕਬੀਰ ਆਖਦਾ ਹੈ—ਹੇ ਸੰਤ ਜਨੋ ! ਮੋਹ ਛੱਡਿਆਂ ਪਰਮਾਤਮਾ ਮਿਲ ਪੈਂਦਾ ਹੈ (ਤੇ ਮੌਤ ਦਾ ਡਰ ਮੁੱਕ ਜਾਂਦਾ ਹੈ)। ੫। ੧।

ਸ਼ਬਦ ਦਾ ਭਾਵ :—ਮੌਤ ਹਰੇਕ ਜੀਵ ਨੂੰ ਇੱਥੋਂ ਲੈ ਜਾਂਦੀ ਹੈ। ਸਦਾ ਕਿਸੇ ਨੇ ਭੀ ਇੱਥੇ ਬੈਠ ਨਹੀਂ ਰਹਿਣਾ। ਜੀਵਨ ਦੇ ਠੀਕ ਰਾਹੇ ਤੁਰੋ, ਪ੍ਰਭੂ ਦਾ ਸਿਮਰਨ ਕਰੋ, ਮੌਤ ਦਾ ਡਰ ਮੁੱਕ ਜਾਇਗਾ।

ਬਿਲਾਵਲੁ ॥ ਬਿਦਿਆ ਨ ਪਰਉ, ਬਾਦੁ ਨਹੀ ਜਾਨਉ ॥ ਹਰਿ ਗੁਨ ਕਥਤ ਸੁਨਤ ਬਉਰਾਨੋ ॥ ੧ ॥ ਮੇਰੇ ਬਾਬਾ, ਮੈ ਬਉਰਾ, ਸਭ ਖਲਕ ਸੈਆਨੀ, ਮੈ ਬਉਰਾ ॥ ਮੈ ਬਿਗਰਿਓ, ਬਿਗਰੈ ਮਤਿ ਅਉਰਾ ॥ ੧ ॥ ਰਹਾਉ ॥ ਆਪਿ ਨ ਬਉਰਾ, ਰਾਮ ਕੀਓ ਬਉਰਾ ॥ ਸਤਿਗੁਰੁ ਜਾਰਿ ਗਇਓ ਭ੍ਰਮੁ ਮੋਰਾ ॥ ੨ ॥ ਮੈ ਬਿਗਰੇ ਅਪਨੀ ਮਤਿ ਖੋਈ॥ ਮੇਰੇ ਭਰਮਿ ਭੂਲਉ ਮਤਿ ਕੋਈ ॥ ੩ ॥ ਸੋ ਬਉਰਾ, ਜੋ ਆਪੁ ਨ ਪਛਾਨੈ ॥ ਆਪੁ ਪਛਾਨੈ, ਤ ਏਕੈ ਜਾਨੈ ॥ ੪ ॥ ਅਬਹਿ ਨ ਮਾਤਾ, ਸੁ ਕਬਹੁ ਨ ਮਾਤਾ ॥

ਕਹਿ ਕਬੀਰ ਰਾਮੈ ਰੰਗਿ ਰਾਤਾ ॥ ੫ ॥ ੨ ॥ [ਪੰਨਾ ੮੫੫]

ਪਦ ਅਰਥ :–ਨ ਪਰਉ–ਨ ਪਰਉਂ, ਮੈਂ ਨਹੀਂ ਪੜ੍ਹਦਾ । ਬਾਦੁ–ਝਗੜਾ, ਬਹਿਸ । ਜਾਨਉ–ਜਾਨਉਂ, ਮੈਂ ਜਾਣਦਾ । ਬਉਰਾਨੋ–ਕਮਲਾ ਜਿਹਾ । ੧ ।

ਸੈਆਨੀ–ਸਿਆਣੀ । ਬਿਗਰਿਓ–ਵਿਗੜ ਗਿਆ ਹਾਂ । ਮਤਿ–ਮਤਾਂ। ਅਉਰਾ–ਕੋਈ ਹੋਰ । ੧ । ਰਹਾਉ ।

ਜਾਰਿ ਗਇਓ–ਸਾੜ ਗਿਆ ਹੈ । ਭ੍ਰਮੁ–ਭਰਮ, ਭੁਲੇਖਾ । ੨ ।

ਮਤਿ–ਅਕਲ । ਖੋਈ–ਗੁਆ ਲਈ ਹੈ । ਮਤਿ ਭੂਲਉ–ਕੋਈ ਨਾਂਹ ਭੁੱਲੇ (ਨੋਟ–ਲਫ਼ਜ਼ 'ਭੂਲਉ' ਵਿਆਕਰਣ ਅਨੁਸਾਰ 'ਹੁਕਮੀ ਭਵਿੱਖਤ, ਅੱਨ-ਪੁਰਖ, ਇਕ-ਵਚਨ' ਹੈ) । ੩ ।

ਆਪੁ–ਆਪਣੇ ਆਪ ਨੂੰ, ਆਪਣੇ ਅਸਲੇ ਨੂੰ । ਏਕੈ–ਇੱਕ ਪ੍ਰਭੂ ਨੂੰ ਹੀ ।੪।

ਅਬਹਿ–ਹੁਣ ਹੀ, ਇਸ ਜਨਮ ਵਿਚ ਹੀ । ਮਾਤਾ–ਮਸਤ । ਰਾਮੈ ਰੰਗਿ–ਰਾਮ ਦੇ ਹੀ ਰੰਗ ਵਿਚ । ਰਾਤਾ–ਰੱਤਾ ਹੋਇਆ, ਰੰਗਿਆ ਹੋਇਆ ।੫।

ਅਰਥ :–(ਬਹਿਸਾਂ ਦੀ ਖ਼ਾਤਰ) ਮੈਂ (ਤੁਹਾਡੀ ਬਹਿਸਾਂ ਵਾਲੀ) ਵਿੱਦਿਆ ਨਹੀਂ ਪੜ੍ਹਦਾ, ਨਾਂਹ ਹੀ ਮੈਂ (ਧਾਰਮਿਕ) ਬਹਿਸਾਂ ਕਰਨੀਆਂ ਜਾਣਦਾ ਹਾਂ (ਭਾਵ, ਆਤਮਕ ਜੀਵਨ ਵਾਸਤੇ ਮੈਂ ਕਿਸੇ ਵਿਦਵਤਾ-ਭਰੀ ਧਾਰਮਿਕ ਚਰਚਾ ਦੀ ਲੋੜ ਨਹੀਂ ਸਮਝਦਾ) । ਮੈਂ ਤਾਂ ਪ੍ਰਭੂ ਦੀ ਸਿਫ਼ਤ-ਸਲਾਹ ਕਰਨ ਸੁਣਨ ਵਿਚ ਮਸਤ ਰਹਿੰਦਾ ਹਾਂ । ੧ ।

ਹੇ ਪਿਆਰੇ ਸੱਜਣ ! (ਲੋਕਾਂ ਦੇ ਭਾਣੇ) ਮੈਂ ਕਮਲਾ ਹਾਂ । ਲੋਕ ਸਿਆਣੇ ਹਨ ਤੇ ਮੈਂ ਕਮਲਾ ਹਾਂ । (ਲੋਕਾਂ ਦੇ ਖ਼ਿਆਲ ਵਿਚ) ਮੈਂ ਕੁਰਾਹੇ ਪੈ ਗਿਆ ਹਾਂ (ਕਿਉਂਕਿ ਮੈਂ ਆਪਣੇ ਗੁਰੂ ਦੇ ਰਾਹ ਤੇ ਤੁਰ ਕੇ ਪ੍ਰਭੂ ਦਾ ਭਜਨ ਕਰਦਾ ਹਾਂ), (ਪਰ ਲੋਕ ਆਪਣਾ ਧਿਆਨ ਰੱਖਣ, ਇਸ) ਕੁਰਾਹੇ ਹੋਰ ਕੋਈ ਨਾਂਹ ਪਏ । ੧ । ਰਹਾਉ ।

ਮੈਂ ਆਪਣੇ ਆਪ (ਇਸ ਤਰ੍ਹਾਂ ਦਾ) ਕਮਲਾ ਨਹੀਂ ਬਣਿਆ, ਇਹ ਤਾਂ ਮੈਨੂੰ ਮੇਰੇ ਪ੍ਰਭੂ ਨੇ (ਆਪਣੀ ਭਗਤੀ ਵਿਚ ਜੋੜ ਕੇ) ਕਮਲਾ ਕਰ ਦਿੱਤਾ ਹੈ, ਤੇ ਮੇਰੇ ਗੁਰੂ ਨੇ ਮੇਰਾ ਭਰਮ-ਵਹਿਮ ਸਭ ਸਾੜ ਦਿੱਤਾ ਹੈ । ੨ ।

(ਜੇ) ਮੈਂ ਕੁਰਾਹੇ ਪਏ ਹੋਏ ਨੇ ਆਪਣੀ ਅਕਲ ਗੁਆ ਲਈ ਹੈ (ਤਾਂ ਲੋਕਾਂ ਨੂੰ ਭਲਾ ਕਿਉਂ ਮੇਰਾ ਇਤਨਾ ਫ਼ਿਕਰ ਹੈ ?) ਕੋਈ ਹੋਰ ਧਿਰ ਮੇਰੇ ਵਾਲੇ ਇਸ ਭੁਲੇਖੇ ਵਿਚ ਬੇਸ਼ਕ ਨਾਂਹ ਪਏ । ੩ ।

(ਪਰ ਲੋਕਾਂ ਨੂੰ ਇਹ ਭੁਲੇਖਾ ਹੈ ਕਿ ਪ੍ਰਭੂ ਦੀ ਭਗਤੀ ਕਰਨ ਵਾਲਾ ਬੰਦਾ ਝੱਲਾ ਹੁੰਦਾ ਹੈ) ਝੱਲਾ ਉਹ ਬੰਦਾ ਹੈ ਜੋ ਆਪਣੇ ਅਸਲੇ ਦੀ ਪਛਾਣ ਨਹੀਂ ਕਰਦਾ । ਜੋ ਆਪਣੇ ਆਪ ਨੂੰ ਪਛਾਣਦਾ ਹੈ ਉਹ ਹਰ ਥਾਂ ਇੱਕ ਪਰਮਾਤਮਾ ਨੂੰ ਵੱਸਦਾ ਜਾਣਦਾ ਹੈ। ੪ ।

ਕਬੀਰ ਆਖਦਾ ਹੈ—ਪਰਮਾਤਮਾ ਦੇ ਪਿਆਰ ਵਿਚ ਰੰਗੀਜ ਕੇ ਜੋ ਮਨੁੱਖ ਇਸ ਜੀਵਨ ਵਿਚ ਮਤਵਾਲਾ ਨਹੀਂ ਬਣਦਾ, ਉਸ ਨੇ ਕਦੇ ਭੀ ਨਹੀਂ ਬਣਨਾ (ਤੇ, ਉਹ ਜੀਵਨ ਅਜਾਈਂ ਗੰਵਾ ਜਾਇਗਾ) । ੫ । ੨ ।

ਸ਼ਬਦ ਦਾ ਭਾਵ :—ਆਤਮਕ ਜੀਵਨ ਵਾਸਤੇ ਕਿਸੇ ਚੁੰਚ-ਗਿਆਨਤਾ ਦੀ ਲੋੜ ਨਹੀਂ ਪੈਂਦੀ । ਅਸਲੀ ਲੋੜ ਇਹ ਹੈ ਕਿ ਮਨੁੱਖ ਆਪਣੇ ਅਸਲੇ ਨੂੰ ਪਛਾਣ ਕੇ ਪਰਮਾਤਮਾ ਦੀ ਭਗਤੀ ਵਿਚ ਰੱਤਾ ਰਹੇ ।

ਬਿਲਾਵਲੁ ॥ ਗ੍ਰਿਹੁ ਤਜਿ, ਬਨ ਖੰਡ ਜਾਈਐ, ਚੁਨਿ ਖਾਈਐ ਕੰਦਾ ॥ ਅਜਹੁ, ਬਿਕਾਰ ਨ ਛੋਡਈ, ਪਾਪੀ ਮਨੁ ਮੰਦਾ ॥ ੧ ॥ ਕਿਉ ਛੂਟਉ, ਕੈਸੇ ਤਰਉ, ਭਵਜਲ ਨਿਧਿ ਭਾਰੀ ॥ ਰਾਖੁ ਰਾਖੁ, ਮੇਰੇ ਬੀਠੁਲਾ, ਜਨੁ ਸਰਨਿ ਤੁਮ੍ਹਾਰੀ ॥ ੧ ॥ ਰਹਾਉ ॥ ਬਿਖੈ ਬਿਖੈ ਕੀ ਬਾਸਨਾ, ਤਜੀਅ ਨਹ ਜਾਈ ॥ ਅਨਿਕ ਜਤਨ ਕਰਿ ਰਾਖੀਐ, ਫਿਰਿ ਫਿਰਿ ਲਪਟਾਈ ॥ ੨ ॥ ਜਰਾ, ਜੀਵਨ ਜੋਬਨੁ ਗਇਆ, ਕਿਛੁ ਕੀਆ ਨ ਨੀਕਾ ॥ ਇਹੁ ਜੀਅਰਾ ਨਿਰਮੋਲਕੋ, ਕਉਡੀ ਲਗਿ ਮੀਕਾ ॥ ੩ ॥ ਕਹੁ ਕਬੀਰ, ਮੇਰੇ ਮਾਧਵਾ, ਤੂ ਸਰਬ ਬਿਆਪੀ ॥ ਤੁਮ ਸਮਸਰਿ ਨਾਹੀ ਦਇਆਲੁ, ਮੋਹਿ ਸਮਸਰਿ ਪਾਪੀ ॥ ੪ ॥ ੩॥ [ਪੰਨਾ ੮੫੫]

ਪਦ ਅਰਥ :—ਗ੍ਰਿਹੁ—ਘਰ, ਗ੍ਰਿਹਸਤ । ਤਜਿ—ਤਿਆਗ ਕੇ । ਬਨਖੰਡ—ਜੰਗਲਾਂ ਵਿਚ । ਕੰਦਾ—ਗਾਜਰ ਆਦਿਕ ਧਰਤੀ ਵਿਚ ਉੱਗਣ ਵਾਲੀਆਂ ਚੀਜ਼ਾਂ । ਅਜਹੁ—ਅਜੇ ਭੀ, ਫਿਰ ਭੀ । ੧ ।

ਕਿਉ ਛੂਟਉ—ਮੈਂ ਕਿਵੇਂ (ਇਹਨਾਂ ਵਿਕਾਰਾਂ ਤੋਂ) ਬਚ ਸਕਦਾ ਹਾਂ ? ਭਵ—ਸੰਸਾਰ । ਜਲ ਨਿਧਿ—ਸਮੁੰਦਰ । ਬੀਠੁਲਾ—ਹੇ ਬੀਠਲ ! ਹੇ ਪ੍ਰਭੂ ! [skt. विष्ठल—one that is far away. ਉਹ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ । ਵਿ—ਪਰੇ । ਸਥਲ—ਟਿਕਿਆ ਹੋਇਆ । ਵਿ-ਸਥਲ, ਵਿਸ਼ਠਲ, ਬੀਠਲ—ਜੋ ਮਾਇਆ ਤੋਂ ਦੂਰ ਪਰੇ ਹੈ] । ਨੋਟ—ਇਹ ਲਫ਼ਜ਼ ਸਿਰਫ਼ ਨਾਮਦੇਵ ਜੀ ਨੇ ਹੀ ਨਹੀਂ ਵਰਤਿਆ, ਕਬੀਰ ਜੀ ਭੀ ਵਰਤਦੇ ਹਨ ਤੇ ਸਤਿਗੁਰੂ ਜੀ ਨੇ ਭੀ ਕਈ ਥਾਂ ਵਰਤਿਆ ਹੈ । ਇਸ ਦੇ ਅਧਾਰ ਤੇ ਨਾਮਦੇਵ ਜੀ ਨੂੰ ਬੀਠਲ ਦੀ ਕਿਸੇ ਮੂਰਤੀ ਦਾ ਪੁਜਾਰੀ ਸਮਝਣਾ ਭੁੱਲ ਹੈ । ੧ । ਰਹਾਉ ।

ਬਿਖੈ ਬਿਖੈ ਕੀ—ਕਈ ਕਿਸਮਾਂ ਦੇ ਵਿਸ਼ਿਆਂ ਦੀ । ਬਾਸਨਾ—ਵਾਸ਼ਨਾ, ਖਿੱਚ, ਚਸਕਾ । ਲਪਟਾਈ—ਚੰਬੜਦਾ ਹੈ । ੨ ।

ਜਰਾ–ਬੁਢੇਪਾ। ਜੀਵਨ ਜੋਬਨੁ–ਜ਼ਿੰਦਗੀ ਦਾ ਜੋਬਨ, ਜੁਆਨੀ ਦੀ ਉਮਰ। ਨੀਕਾ–ਭਲਾ ਕੰਮ। ਜੀਅਰਾ–ਇਹ ਸੁਹਣੀ ਜਿਹੀ ਜਿੰਦ। ਮੀਕਾ–ਬਰਾਬਰ। ੩।

ਮਾਧਵਾ–ਹੇ ਪ੍ਰਭੂ ! ਸਮਸਰਿ–ਬਰਾਬਰ। ਮੋਹਿ ਸਮਸਰਿ–ਮੇਰੇ ਵਰਗਾ। ੪।

ਅਰਥ :–ਜੇ ਗ੍ਰਿਹਸਤ ਤਿਆਗ ਕੇ ਜੰਗਲਾਂ ਵਿਚ ਚਲੇ ਜਾਈਏ, ਤੇ ਗਾਜਰ ਮੂਲੀ ਆਦਿਕ ਖਾ ਕੇ ਗੁਜ਼ਾਰਾ ਕਰੀਏ, ਤਾਂ ਭੀ ਇਹ ਪਾਪੀ ਚੰਦਰਾ ਮਨ ਵਿਕਾਰ ਨਹੀਂ ਛੱਡਦਾ। ੧।

ਹੇ ਮੇਰੇ ਪ੍ਰਭੂ ! ਮੈਂ ਤੇਰਾ ਦਾਸ ਤੇਰੀ ਸ਼ਰਨ ਆਇਆ ਹਾਂ, ਮੈਨੂੰ (ਇਹਨਾਂ ਵਿਕਾਰਾਂ ਤੋਂ) ਬਚਾ। ਮੈਂ ਕਿਵੇਂ ਇਹਨਾਂ ਤੋਂ ਖ਼ਲਾਸੀ ਕਰਾਵਾਂ ? ਇਹ ਸੰਸਾਰ ਬੜਾ ਵੱਡਾ ਸਮੁੰਦਰ ਹੈ, ਮੈਂ ਕਿਵੇਂ ਇਸ ਤੋਂ ਪਾਰ ਲੰਘਾਂ ? ੧। ਰਹਾਉ।

ਹੇ ਮੇਰੇ ਬੀਠਲ ! ਮੈਥੋਂ ਇਹਨਾਂ ਅਨੇਕਾਂ ਕਿਸਮਾਂ ਦੇ ਵਿਸ਼ਿਆਂ ਦੇ ਚਸਕੇ ਛੱਡੇ ਨਹੀਂ ਜਾ ਸਕਦੇ। ਕਈ ਜਤਨ ਕਰ ਕੇ ਇਸ ਮਨ ਨੂੰ ਰੋਕੀਦਾ ਹੈ, ਪਰ ਇਹ ਮੁੜ ਮੁੜ ਵਿਸ਼ਿਆਂ ਦੀਆਂ ਵਾਸ਼ਨਾਂ ਨੂੰ ਜਾ ਚੰਬੜਦਾ ਹੈ। ੨।

ਬੁਢੇਪਾ ਆ ਗਿਆ ਹੈ, ਜੁਆਨੀ ਦੀ ਉਮਰ ਲੰਘ ਗਈ ਹੈ, ਪਰ ਮੈਂ ਹੁਣ ਤਕ ਕੋਈ ਚੰਗਾ ਕੰਮ ਨਹੀਂ ਕੀਤਾ। ਮੇਰੀ ਇਹ ਜਿੰਦ ਅਮੋਲਕ ਸੀ, ਪਰ ਮੈਂ ਇਸ ਨੂੰ ਕੌਡੀ ਦੇ ਬਰਾਬਰ ਕਰ ਦਿੱਤਾ ਹੈ। ੩।

ਹੇ ਕਬੀਰ ! (ਆਪਣੇ ਪ੍ਰਭੂ ਅੱਗੇ ਇਉਂ) ਬੇਨਤੀ ਕਰ–ਹੇ ਪਿਆਰੇ ਪ੍ਰਭੂ ! ਤੂੰ ਸਭ ਜੀਆਂ ਵਿਚ ਵਿਆਪਕ ਹੈਂ (ਤੇ ਸਭ ਦੇ ਦਿਲ ਦੀ ਜਾਣਦਾ ਹੈਂ, ਮੇਰਾ ਅੰਦਰਲਾ ਹਾਲ ਭੀ ਤੂੰ ਜਾਣਦਾ ਹੈਂ) ਤੇਰੇ ਜੇਡਾ ਕੋਈ ਦਇਆ ਕਰਨ ਵਾਲਾ ਨਹੀਂ, ਤੇ ਮੇਰੇ ਵਰਗਾ ਕੋਈ ਪਾਪੀ ਨਹੀਂ (ਸੋ, ਮੈਨੂੰ ਤੂੰ ਆਪ ਹੀ ਇਹਨਾਂ ਵਿਕਾਰਾਂ ਤੋਂ ਬਚਾ)।੪।੩।

ਬਿਲਾਵਲੁ ॥ ਨਿਤ ਉਠਿ ਕੋਰੀ ਗਾਗਰਿ ਆਨੈ, ਲੀਪਤ ਜੀਉ ਗਇਓ ॥ ਤਾਨਾ ਬਾਨਾ ਕਛੂ ਨ ਸੂਝੈ, ਹਰਿ ਹਰਿ ਰਸਿ ਲਪਟਿਓ ॥੧॥ ਹਮਾਰੇ ਕੁਲ ਕਉਨੇ ਰਾਮੁ ਕਹਿਓ ॥ ਜਬ ਕੀ ਮਾਲਾ ਲਈ ਨਿਪੂਤੇ, ਤਬ ਤੇ ਸੁਖੁ ਨ ਭਇਓ ॥ ੧ ॥ ਰਹਾਉ ॥ ਸੁਨਹੁ ਜਿਠਾਨੀ ਸੁਨਹੁ ਦਿਰਾਨੀ, ਅਚਰਜੁ ਏਕੁ ਭਇਓ ॥ ਸਾਤ ਸੂਤ ਇਨਿ ਮੁਡੀਂਏ ਖੋਏ, ਇਹੁ ਮੁਡੀਆ ਕਿਉ ਨ ਮੁਇਓ ॥ ੨ ॥ ਸਰਬ ਸੁਖਾ ਕਾ ਏਕੁ ਹਰਿ ਸੁਆਮੀ, ਸੋ ਗੁਰਿ ਨਾਮੁ ਦਇਓ ॥ ਸੰਤ ਪ੍ਰਹਲਾਦ ਕੀ ਪੈਜ ਜਿਨਿ ਰਾਖੀ, ਹਰਨਾਖਸੁ ਨਖ ਬਿਦਰਿਓ ॥ ੩ ॥ ਘਰ ਕੇ ਦੇਵ, ਪਿਤਰ ਕੀ ਛੋਡੀ, ਗੁਰ ਕੋ ਸਬਦੁ ਲਇਓ ॥ ਕਹਤ ਕਬੀਰ, ਸਗਲ ਪਾਪ ਖੰਡਨੁ, ਸੰਤਹ ਲੈ ਉਧਰਿਓ ॥

॥੪॥੪॥ [ਪੰਨਾ ੮੫੬]

ਪਦ ਅਰਥ :–ਕੋਰੀ–ਜੁਲਾਹ (ਨੋਟ–ਕੋਰਾ ਭਾਂਡਾ ਸਿਰਫ਼ ਉਸ ਭਾਂਡੇ ਨੂੰ ਕਹੀਦਾ ਹੈ, ਜਿਸ ਵਿਚ ਅਜੇ ਪਾਣੀ ਨਾਂਹ ਪਾਇਆ ਗਿਆ ਹੋਵੇ। ਹਰ ਰੋਜ਼ ਕੋਰਾ ਘੜਾ ਲਿਆਉਣ ਦੀ ਕਬੀਰ ਜੀ ਭਲਾ ਕੀਹ ਲੋੜ ਪੈ ਸਕਦੀ ਹੈ? ਤੇ ਨਾਂਹ ਹੀ ਉਹਨਾਂ ਦੀ ਮਾਇਕ ਹਾਲਤ ਅਜਿਹੀ ਸੀ ਕਿ ਉਹ ਹਰ ਰੋਜ਼ ਕੋਰਾ ਘੜਾ ਖ਼ਰੀਦ ਸਕਦੇ। ਕਰਮ-ਕਾਂਡ ਦੀ ਇਤਨੀ ਸਖ਼ਤ ਨਿਖੇਧੀ ਕਰਨ ਵਾਲੇ ਕਬੀਰ ਜੀ ਆਪ ਕਦੇ ਇਹ ਖ਼ਿਆਲ ਨਹੀਂ ਸਨ ਬਣਾ ਸਕਦੇ ਕਿ ਬੰਦਗੀ ਕਰਨ ਲਈ ਹਰ ਰੋਜ਼ ਘੜੇ ਦੀ ਲੋੜ ਹੈ। ਸੋ, ਲਫ਼ਜ਼ 'ਕੋਰੀ' ਲਫ਼ਜ਼ 'ਗਾਗਰਿ' ਦਾ ਵਿਸ਼ੇਸ਼ਣ ਨਹੀਂ ਹੈ)। ਆਨੈ–ਲਿਆਉਂਦਾ ਹੈ। ਲੀਪਤ–ਲਿੰਬਦਿਆਂ। ਜੀਉ ਗਇਓ–ਜਿੰਦ ਭੀ ਖਪ ਜਾਂਦੀ ਹੈ। ਰਸਿ–ਰਸ ਵਿਚ, ਅਨੰਦ ਵਿਚ।੧।

ਕਉਨੇ–ਕਿਸ ਨੇ ? (ਭਾਵ, ਕਿਸੇ ਨਹੀਂ)। ਨਿਪੂਤੇ–ਇਸ ਔਂਤਰੇ ਨੇ। ਮਾਲਾ–[ਨੋਟ–ਕਬੀਰ ਜੀ ਦੀ ਮਾਲਾ ਕਬੀਰ ਜੀ ਦੀ ਆਪਣੀ ਜ਼ਬਾਨੀ ਇਉਂ ਹੈ: "ਕਬੀਰ ਮੇਰੀ ਸਿਮਰਨੀ ਰਸਨਾ ਊਪਰਿ ਰਾਮੁ।" ਕਬੀਰ ਜੀ ਦੀ ਮਾਂ ਨੂੰ ਕਬੀਰ ਜੀ ਦਾ ਭਜਨ-ਬੰਦਗੀ ਵਾਲਾ ਜੀਵਨ ਪਸੰਦ ਨਹੀਂ ਸੀ, ਤੇ ਜਿਹੜੀ ਗੱਲ ਚੰਗੀ ਨਾਂਹ ਲੱਗੇ ਉਸ ਦਾ ਗਿਲ੍ਹਾ ਕਰਨ ਲੱਗਿਆਂ ਆਮ ਤੌਰ ਤੇ ਬੜੀ ਵਧਾ ਕੇ ਗੱਲ ਆਖੀਦੀ ਹੈ। ਸੋ, ਲਫ਼ਜ਼ 'ਮਾਲਾ' ਤਾਂ ਕਬੀਰ ਜੀ ਦੀ ਮਾਂ ਕਬੀਰ ਦੀ ਬੰਦਗੀ ਵਲੋਂ ਨਫ਼ਰਤ ਜ਼ਾਹਰ ਕਰਨ ਲਈ ਵਰਤਦੀ ਹੈ; ਪਰ ਨਾਲ ਹੀ ਇਹ ਗੱਲ ਬਹੁਤ ਵਧਾ ਕੇ ਭੀ ਕਹੀ ਜਾ ਰਹੀ ਹੈ ਕਿ ਕਬੀਰ ਜੀ ਨਿੱਤ ਸਵੇਰੇ ਪੋਚਾ ਫੇਰਦੇ ਸਨ।

ਹਰੇਕ ਮਨੁੱਖ, ਜੇ ਚਾਹੇ ਤਾਂ, ਆਪਣੇ ਜੀਵਨ ਵਿਚੋਂ ਅਜਿਹੀਆਂ ਕਈ ਘਟਨਾਂ ਵੇਖ ਸਕਦਾ ਹੈ ਕਿ ਅਸੀ ਉਸ ਗੱਲ ਨੂੰ ਕਿਵੇਂ ਵਧਾ ਕੇ ਬਿਆਨ ਕਰਦੇ ਹਾਂ, ਜੋ ਸਾਨੂੰ ਪਸੰਦ ਨਹੀਂ ਹੁੰਦੀ। ਮੈਂ ਕਈ ਐਸੇ ਬੰਦੇ ਵੇਖੇ ਹਨ ਜੋ ਬਿਰਧ ਹੋਣ ਕਰਕੇ ਆਪ ਰਤਾ ਭੀ ਕਮਾਈ ਨਹੀਂ ਕਰ ਸਕਦੇ ਸਨ, ਉਹਨਾਂ ਦਾ ਨਿਰਬਾਹ ਉਹਨਾਂ ਦੇ ਪੁੱਤਰਾਂ ਦੇ ਆਸਰੇ ਸੀ। ਪਰ ਜਦੋਂ ਕਦੇ ਉਹ ਪੁੱਤਰ ਕਿਸੇ ਸਤਸੰਗ ਜਾਂ ਦੀਵਾਨ ਵਿਚ ਜਾਣ ਲੱਗਦਾ ਸੀ, ਤਾਂ ਉਹ ਬਿਰਧ ਪਿਉ ਸੌ ਸੌ ਗਾਲ੍ਹ ਕੱਢਦਾ ਤੇ ਕਹਿੰਦਾ ਕਿ ਇਸ ਨਕਾਰੇ ਨੇ ਸਾਰਾ ਘਰ ਉਜਾੜ ਦਿੱਤਾ ਹੈ। ਸੋ, ਜਗਤ ਦੀ ਚਾਲ ਹੀ ਇਹੀ ਹੈ। ਸਤਸੰਗ ਕਿਸੇ ਵਿਰਲੇ ਨੂੰ ਭਾਉਂਦਾ ਹੈ। ਲਗਨ ਵਾਲਿਆਂ ਦੀ ਵਿਰੋਧਤਾ ਹੁੰਦੀ ਹੀ ਆਈ ਹੈ, ਤੇ ਹੁੰਦੀ ਹੀ ਰਹੇਗੀ। ਉਹਨਾਂ ਦੇ ਵਿਰੁੱਧ ਵਧਾ ਵਧਾ ਕੇ ਊਜਾਂ ਸਦਾ ਲਾਈਆਂ ਜਾਂਦੀਆਂ ਹਨ। ਕਬੀਰ ਜੀ ਨਾਂਹ ਸਦਾ ਪੋਚਾ ਫੇਰਨਾ ਆਪਣਾ ਧਰਮ ਮੰਨੀ ਬੈਠੇ ਸਨ, ਤੇ ਨਾਂਹ ਹੀ ਮਾਲਾ ਗਲ ਵਿਚ ਪਾਈ ਫਿਰਦੇ ਸਨ। ਹਾਂ, ਇੱਥੇ ਇਕ ਗੱਲ ਹੋਰ ਚੇਤੇ ਰਹਿਣੀ ਚਾਹੀਦੀ ਹੈ।

ਉਹਨੀਂ ਦਿਨੀਂ ਸ਼ਹਿਰਾਂ ਵਿਚ ਅਜੇ ਮਿਊਂਸਪੈਲਟੀਆਂ ਵਲੋਂ ਨਲਕਿਆਂ ਦਾ ਕੋਈ ਪਰਬੰਧ ਨਹੀਂ ਸੀ। ਨਾਂਹ ਹੀ ਘਰਾਂ ਵਿਚ ਕਿਤੇ ਵਖੋ-ਵਖਰੇ ਨਲਕੇ ਹੀ ਲੱਗੇ ਹੋਏ ਸਨ। ਹਰੇਕ ਘਰ ਵਾਲਿਆਂ ਨੂੰ ਗਲੀਆਂ ਬਜ਼ਾਰਾਂ ਦੇ ਸਾਂਝੇ ਖੂਹਾਂ ਤੋਂ ਪਾਣੀ ਆਪ ਹੀ ਲਿਆਉਣਾ ਪੈਂਦਾ ਸੀ। ਅਮੀਰ ਲੋਕ ਤਾਂ ਭਲਾ ਝਿਊਰ ਆਦਿਕਾਂ ਦੀ ਰਾਹੀਂ ਪਾਣੀ ਮੰਗਾਉਂਦੇ ਹਨ, ਪਰ ਗਰੀਬਾਂ ਨੂੰ ਇਹ ਕੰਮ ਆਪ ਹੀ ਕਰਨਾ ਪੈਂਦਾ ਹੈ। ਆਲਸ ਦੇ ਮਾਰੇ ਦੁਨੀਆਦਾਰ ਤਾਂ ਦਿਨ ਚੜ੍ਹੇ ਤੱਕ ਮੰਜੇ ਤੇ ਪਏ ਰਹਿੰਦੇ ਹਨ, ਪਰ ਬੰਦਗੀ ਵਾਲਾ ਬੰਦਾ ਨਿੱਤ ਸਵੇਰੇ ਉੱਠਣ ਦਾ ਆਦੀ ਹੋਇਆ ਕਰਦਾ ਹੈ, ਉਸ ਵੇਲੇ ਇਸ਼ਨਾਨ ਕਰਨਾ ਭੀ ਸੁਭਾਵਿਕ ਹੀ ਗੱਲ ਹੈ। ਹੁਣ ਭੀ ਪਿੰਡਾਂ ਵਿਚ ਜਾ ਕੇ ਵੇਖੋ। ਲੋਕ ਖੂਹ ਉੱਤੇ ਨ੍ਹਾਉਣ ਜਾਂਦੇ ਹਨ, ਆਉਂਦੀ ਵਾਰੀ ਘਰ ਵਰਤਣ ਲਈ ਘੜਾ ਜਾਂ ਗਾਗਰ ਭਰ ਲਿਆਉਂਦੇ ਹਨ। ਪਰ ਕਬੀਰ ਜੀ, ਉੱਦਮੀ ਕਬੀਰ ਜੀ, ਇਹ ਸਾਰਾ ਕੰਮ ਘਰ-ਦਿਆਂ ਦੇ ਸੁੱਤੇ ਪਿਆਂ ਹੀ ਕਰ ਲੈਂਦੇ ਸਨ। ਮਾਂ ਨੂੰ ਉਹਨਾਂ ਦਾ ਭਜਨ ਪਸੰਦ ਨਾਂਹ ਹੋਣ ਕਰਕੇ ਇਹ ਸਵੇਰੇ ਪਾਣੀ ਲੈ ਆਉਣਾ ਭੀ ਮੰਦਾ ਲੱਗਦਾ ਸੀ। ਤੇ, ਇਸ ਨੂੰ ਭੀ ਉਹ ਵਧਾ ਕੇ ਆਖਦੀ ਸੀ ਕਿ ਕਬੀਰ ਨਿੱਤ ਪੋਚਾ ਫੇਰਦਾ ਰਹਿੰਦਾ ਹੈ]। ਰਹਾਉ।

ਸਾਤ ਸੂਤ—ਸੂਤਰ-ਸਾਤਰ, ਸੂਤਰ ਆਦਿਕ,ਸੂਤਰ ਆਦਿਕ ਨਾਲ ਕੰਮ ਕਰਨਾ।੨।

ਗੁਰਿ—ਸਤਿਗੁਰੂ ਨੇ। ਪੈਜ—ਲਾਜ, ਇੱਜ਼ਤ। ਜਿਨਿ—ਜਿਸ (ਪ੍ਰਭੂ) ਨੇ। ਨਖ—ਨਹੁੰਆਂ ਨਾਲ। ਬਿਦਰਿਓ—ਚੀਰਿਆ, ਚੀਰ ਕੇ ਮਾਰ ਦਿੱਤਾ।੩।

ਪਿਤਰ ਕੀ ਛੋਡੀ—ਪਿਤਾ-ਪੁਰਖੀ ਛੱਡ ਦਿੱਤੀ ਹੈ। ਕੋ—ਦਾ। ਸੰਤਹ ਲੈ—ਸੰਤਾਂ ਦੀ ਸੰਗਤ ਵਿਚ ਲੈ ਕੇ।੪।

ਨੋਟ—ਇਸ ਸ਼ਬਦ ਵਿਚ ਕਬੀਰ ਜੀ ਆਪ ਹੀ ਆਪਣੇ ਬਚਨਾਂ ਦੀ ਰਾਹੀਂ ਆਪਣੀ ਮਾਂ ਦਾ ਰਵੱਈਆ ਤੇ ਗਿਲ੍ਹੇ ਬਿਆਨ ਕਰ ਕੇ ਮੁੜ ਆਪ ਹੀ ਆਪਣਾ ਨਿੱਤ ਦਾ ਕਰਤੱਬ ਦੱਸਦੇ ਹਨ। ਕਬੀਰ ਜੀ ਦੀ ਮਾਂ ਦੇ ਇਹ ਆਪਣੇ ਉਚਾਰੇ ਹੋਏ ਲਫ਼ਜ਼ ਨਹੀਂ ਹਨ। ਸਿਰਫ਼ ਭਗਤ ਦੀ ਬਾਣੀ ਨੂੰ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੇ ਨਾਲ ਥਾਂ ਮਿਲ ਸਕਦੀ ਸੀ, ਕਿਸੇ ਹੋਰ ਨੂੰ ਨਹੀਂ।

ਅਰਥ :—ਸਾਡੀ ਕੁਲ ਵਿਚ ਕਦੇ ਕਿਸੇ ਨੇ ਪਰਮਾਤਮਾ ਦਾ ਭਜਨ ਨਹੀਂ ਸੀ ਕੀਤਾ। ਜਦੋਂ ਦਾ ਮੇਰਾ ਔਂਤਰਾ (ਪੁੱਤਰ) ਭਗਤੀ ਵਿਚ ਲੱਗਾ ਹੈ, ਤਦੋਂ ਤੋਂ ਸਾਨੂੰ ਕੋਈ ਸੁਖ ਨਹੀਂ ਰਿਹਾ।੧। ਰਹਾਉ।

ਇਹ ਜੁਲਾਹ (-ਪੁੱਤਰ) ਰੋਜ਼ ਸਵੇਰੇ ਉੱਠ ਕੇ (ਪਾਣੀ ਦੀ) ਗਾਗਰ ਲਿਆਉਂਦਾ ਹੈ ਤੇ ਪੋਚਾ ਫੇਰਦਾ ਖਪ ਜਾਂਦਾ ਹੈ,ਇਸ ਨੂੰ ਆਪਣੇ ਖੱਡੀ ਦੇ ਕੰਮ ਦੀ ਸੁਰਤ ਹੀ ਨਹੀਂ ਰਹੀ, ਸਦਾ ਹਰੀ ਦੇ ਰਸ ਵਿਚ ਹੀ ਮਗਨ ਰਹਿੰਦਾ ਹੈ।੧।

ਹੇ ਮੇਰੀਓ ਦਿਰਾਣੀਓ ਜਿਠਾਣੀਓ! ਸੁਣੋ, (ਸਾਡੇ ਘਰ) ਇਹ ਕਿਹਾ ਅਚਰਜ

ਭਾਣਾ ਵਰਤ ਗਿਆ ਹੈ ? ਇਸ ਮੂਰਖ ਮੁੰਡੇ ਨੇ ਸੂਤਰ ਆਦਿਕ ਦਾ ਕੰਮ ਹੀ ਛੱਡ ਦਿੱਤਾ ਹੈ। ਇਸ ਨਾਲੋਂ ਤਾਂ ਇਹ ਮਰ ਹੀ ਜਾਂਦਾ ਤਾਂ ਚੰਗਾ ਸੀ। ੧।

(ਪਰ) ਜਿਸ ਪਰਮਾਤਮਾ ਨੇ ਹਰਨਾਖ਼ਸ਼ ਨੂੰ ਨਹੁੰਆਂ ਨਾਲ ਮਾਰ ਕੇ ਆਪਣੇ ਭਗਤ ਪ੍ਰਹਿਲਾਦ ਦੀ ਲਾਜ ਰੱਖੀ ਸੀ, ਜੋ ਪ੍ਰਭੂ ਸਾਰੇ ਸੁਖ ਦੇਣ ਵਾਲਾ ਹੈ ਉਸ ਦਾ ਨਾਮ (ਮੈਨੂੰ ਕਬੀਰ ਨੂੰ ਮੇਰੇ) ਗੁਰੂ ਨੇ ਬਖ਼ਸ਼ਿਆ ਹੈ। ੩।

ਕਬੀਰ ਆਖਦਾ ਹੈ—ਮੈਂ ਪਿਤਾ-ਪੁਰਖੀ ਛੱਡ ਦਿੱਤੀ ਹੈ, ਮੈਂ ਆਪਣੇ ਘਰ ਵਿਚ ਪੂਜੇ ਜਾਣ ਵਾਲੇ ਦੇਵਤੇ (ਭਾਵ, ਬ੍ਰਹਮਣ) ਛੱਡ ਬੈਠਾ ਹਾਂ। ਹੁਣ ਮੈਂ ਸਤਿਗੁਰੂ ਦਾ ਸ਼ਬਦ ਹੀ ਧਾਰਨ ਕੀਤਾ ਹੈ। ਜੋ ਪ੍ਰਭੂ ਸਾਰੇ ਪਾਪਾਂ ਦਾ ਨਾਸ ਕਰਨ ਵਾਲਾ ਹੈ, ਸਤ-ਸੰਗਤ ਵਿਚ ਉਸ ਦਾ ਨਾਮ ਸਿਮਰ ਕੇ ਮੈਂ (ਸੰਸਾਰ-ਸਾਗਰ ਤੋਂ) ਪਾਰ ਲੰਘ ਗਿਆ ਹਾਂ। ੪। ੪।

ਬਿਲਾਵਲੁ ॥ ਕੋਊ ਹਰਿ ਸਮਾਨਿ ਨਹੀ ਰਾਜਾ ॥ ਏ ਭੂਪਤਿ ਸਭ ਦਿਵਸ ਚਾਰਿ ਕੇ, ਝੂਠੇ ਕਰਤ ਦਿਵਾਜਾ ॥ ੧ ॥ ਰਹਾਉ ॥ ਤੇਰੋ ਜਨੁ ਹੋਇ ਸੋਇ ਕਤ ਡੋਲੈ, ਤੀਨਿ ਭਵਨ ਪਰ ਛਾਜਾ ॥ ਹਾਥੁ ਪਸਾਰਿ ਸਕੈ ਕੋ ਜਨ ਕਉ, ਬੋਲਿ ਸਕੈ ਨ ਅੰਦਾਜਾ ॥ ੧ ॥ ਚੇਤਿ, ਅਚੇਤ ਮੂੜ ਮਨ ਮੇਰੇ, ਬਾਜੇ ਅਨਹਦ ਬਾਜਾ ॥ ਕਹਿ ਕਬੀਰ ਸੰਸਾ ਭ੍ਰਮੁ ਚੂਕੋ, ਧ੍ਰੂ ਪ੍ਰਹਿਲਾਦ ਨਿਵਾਜਾ॥ ੨ ॥ ੫ ॥ [ਪੰਨਾ ੮੫੬]

ਪਦ ਅਰਥ :—ਕੋਊ—ਕੋਈ ਜੀਵ ਭੀ। ਸਮਾਨਿ—ਬਰਾਬਰ, ਵਰਗਾ। ਏ ਭੂਪਤਿ—ਇਹ ਦੁਨੀਆ ਦੇ ਰਾਜੇ। ਦਿਵਸ—ਦਿਨ। ਝੂਠੇ—ਜੋ ਸਦਾ ਕਾਇਮ ਨਹੀਂ ਰਹਿ ਸਕਦੇ। ਦਿਵਾਜਾ—ਦਿਖਲਾਵੇ। ੧। ਰਹਾਉ।

ਜਨੁ—ਦਾਸ, ਭਗਤ। ਕਤ—ਕਿਉਂ ? ਕਤ ਡੋਲੈ—(ਇਹਨਾਂ ਦੁਨੀਆ ਦੇ ਰਾਜਿਆਂ ਅੱਗੇ) ਨਹੀਂ ਡੋਲਦਾ। ਪਰ—ਵਿਚ। ਤੀਨਿ ਭਵਨ ਪਰ—ਤਿੰਨਾਂ ਭਵਨਾਂ ਵਿਚ, ਸਾਰੇ ਜਗਤ ਵਿਚ। ਛਾਜਾ—ਪ੍ਰਭਾਵ ਛਾਇਆ ਰਹਿੰਦਾ ਹੈ, ਵਡਿਆਈ ਬਣੀ ਰਹਿੰਦੀ ਹੈ। ਕੋ—ਕੌਣ ? ਜਨ ਕਉ—ਭਗਤ ਵਲ। ਪਸਾਰਿ ਸਕੈ—ਖਿਲਾਰ ਸਕਦਾ ਹੈ, ਚੁੱਕ ਸਕਦਾ ਹੈ। ਅੰਦਾਜ਼ਾ—(ਪ੍ਰਤਾਪ ਦਾ) ਅਨੁਮਾਨ। ੧।

ਅਚੇਤ ਮਨ—ਹੇ ਗ਼ਾਫ਼ਲ ਮਨ ! ਬਾਜੇ—ਵੱਜ ਪੈਣ। ਅਨਹਦ ਬਾਜਾ—ਇੱਕ-ਰਸ (ਅਨੰਦ ਦੇ) ਵਾਜੇ। ਕਹਿ—ਕਹੇ, ਆਖਦਾ ਹੈ। ਭ੍ਰਮੁ—ਭਟਕਣਾ। ਸੰਸਾ—ਸਹਿਮ। ਚੂਕੋ—ਮੁੱਕ ਜਾਂਦਾ ਹੈ। ਨਿਵਾਜਾ—ਨਿਵਾਜਦਾ ਹੈ, ਮਾਣ ਦੇਂਦਾ ਹੈ, ਪਾਲਦਾ ਹੈ। ੨।

ਅਰਥ :—(ਹੇ ਭਾਈ !) ਜਗਤ ਵਿਚ ਕੋਈ ਜੀਵ ਪਰਮਾਤਮਾ ਦੇ ਬਰਾਬਰ ਦਾ ਰਾਜਾ ਨਹੀਂ ਹੈ। ਇਹ ਦੁਨੀਆ ਦੇ ਸਭ ਰਾਜੇ ਚਾਰ ਦਿਨਾਂ ਦੇ ਰਾਜੇ ਹੁੰਦੇ ਹਨ, (ਇਹ

ਲੋਕ ਆਪਣੇ ਰਾਜ-ਪ੍ਰਤਾਪ ਦੇ) ਝੂਠੇ ਵਿਖਾਵੇ ਕਰਦੇ ਹਨ । ੧ । ਰਹਾਉ ।

(ਹੇ ਪ੍ਰਭੂ !) ਜੋ ਮਨੁੱਖ ਤੇਰਾ ਦਾਸ ਹੋ ਕੇ ਰਹਿੰਦਾ ਹੈ ਉਹ (ਇਹਨਾਂ ਦੁਨੀਆ ਦੇ ਰਾਜਿਆਂ ਦੇ ਸਾਹਮਣੇ)ਘਾਬਰਦਾ ਨਹੀਂ, (ਕਿਉਂਕਿ, ਹੇ ਪ੍ਰਭੂ ! ਤੇਰੇ ਸੇਵਕ ਦਾ ਪ੍ਰਤਾਪ) ਸਾਰੇ ਜਗਤ ਵਿਚ ਛਾਇਆ ਰਹਿੰਦਾ ਹੈ । ਹੱਥ ਚੁੱਕਣਾ ਤਾਂ ਕਿਤੇ ਰਿਹਾ, ਤੇਰੇ ਸੇਵਕ ਦੇ ਸਾਹਮਣੇ ਉਹ ਉੱਚਾ ਬੋਲ ਭੀ ਬੋਲ ਨਹੀਂ ਸਕਦੇ । ੧ ।

ਹੇ ਮੇਰੇ ਗ਼ਾਫ਼ਲ ਮਨ ! ਤੂੰ ਭੀ ਪ੍ਰਭੂ ਨੂੰ ਸਿਮਰ, (ਤਾਂ ਜੋ ਤੇਰੇ ਅੰਦਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੇ) ਇੱਕ-ਰਸ ਵਾਜੇ ਵੱਜਣ (ਤੇ, ਤੈਨੂੰ ਦੁਨੀਆ ਦੇ ਰਾਜਿਆਂ ਤੋਂ ਕੋਈ ਘਬਰਾਹਟ ਨਾਂਹ ਹੋਵੇ) । ਕਬੀਰ ਆਖਦਾ ਹੈ-(ਜੋ ਮਨੁੱਖ ਪ੍ਰਭੂ ਨੂੰ ਸਿਮਰਦਾ ਹੈ, ਉਸ ਦਾ) ਸਹਿਮ, ਉਸ ਦੀ ਭਟਕਣਾ ਸਭ ਦੂਰ ਹੋ ਜਾਂਦੇ ਹਨ, ਪ੍ਰਭੂ (ਆਪਣੇ ਸੇਵਕ ਨੂੰ)ਧ੍ਰੂ, ਤੇ ਪ੍ਰਹਿਲਾਦ ਵਾਂਗ ਪਾਲਦਾ ਹੈ । ੨ । ੫ ।

ਬਿਲਾਵਲੁ ॥ ਰਾਖਿ ਲੇਹੁ ਹਮ ਤੇ ਬਿਗਰੀ ॥ ਸੀਲੁ ਧਰਮੁ ਜਪੁ ਭਗਤਿ ਨ ਕੀਨੀ, ਹਉ ਅਭਿਮਾਨ ਟੇਢ ਪਗਰੀ ॥ ੧ ॥ ਰਹਾਉ ॥ ਅਮਰ ਜਾਨਿ ਸੰਚੀ ਇਹ ਕਾਇਆ, ਇਹ ਮਿਥਿਆ ਕਾਚੀ ਗਗਰੀ ॥ ਜਿਨਹਿ ਨਿਵਾਜਿ ਸਾਜਿ ਹਮ ਕੀਏ, ਤਿਸਹਿ ਬਿਸਾਰਿ ਅਵਰ ਲਗਰੀ ॥ ੧ ॥ ਸੰਧਿਕ ਤੋਹਿ, ਸਾਧ ਨਹੀ ਕਹੀਅਉ, ਸਰਨਿ ਪਰੇ ਤੁਮਰੀ ਪਗਰੀ ॥ ਕਹਿ ਕਬੀਰ ਇਹ ਬਿਨਤੀ ਸੁਨੀਅਹੁ, ਮਤ ਘਾਲਹੁ ਜਮ ਕੀ ਖਬਰੀ ॥੨॥੬॥
[ਪੰਨਾ ੮੫੬]

ਪਦ ਅਰਥ :-ਹਮ ਤੇ-ਅਸਾਂ ਜੀਵਾਂ ਤੋਂ, ਮੈਥੋਂ । ਬਿਗਰੀ-ਵਿਗੜੀ ਹੈ, ਵਿਗਾੜ ਹੋਇਆ ਹੈ, ਮਾੜਾ ਕੰਮ ਹੋਇਆ ਹੈ । ਸੀਲੁ-ਚੰਗਾ ਸੁਭਾਉ । ਧਰਮੁ-ਜ਼ਿੰਦਗੀ ਦਾ ਫ਼ਰਜ਼ । ਜਪੁ-ਬੰਦਗੀ । ਹਉ-ਮੈਂ । ਟੇਢ-ਵਿੰਗੀ । ਪਗਰੀ-ਪਕੜੀ, ਫੜੀ । ੧ । ਰਹਾਉ ।

ਅਮਰ-[ਅ-ਮਰ] ਨਾਂਹ ਮਰਨ ਵਾਲੀ, ਨਾਸ ਨਾਂਹ ਹੋਣ ਵਾਲੀ । ਜਾਨਿ-ਸਮਝ ਕੇ । ਸੰਚੀ-ਸਾਂਭ ਕੇ ਰੱਖੀ, ਪਾਲਦਾ ਰਿਹਾ । ਕਾਇਆ-ਸਰੀਰ । ਮਿਥਿਆ-ਨਾਸਵੰਤ । ਗਗਰੀ-ਘੜਾ । ਜਿਨਹਿ-ਜਿਸ (ਪ੍ਰਭੂ) ਨੇ । ਨਿਵਾਜਿ-ਆਦਰ ਦੇ ਕੇ,ਮਿਹਰ ਕਰ ਕੇ । ਸਾਜਿ-ਪੈਦਾ ਕਰ ਕੇ । ਹਮ-ਸਾਨੂੰ, ਮੈਨੂੰ । ਅਵਰ-ਹੋਰਨੀਂ ਪਾਸੀਂ । ੧ ।

ਸੰਧਿਕ-ਚੋਰ । ਤੋਹਿ-ਤੇਰਾ । ਕਹੀਅਉ-ਮੈਂ ਅਖਵਾ ਸਕਦਾ ਹਾਂ । ਤੁਮਰੀ ਪਗਰੀ-ਤੇਰੇ ਚਰਨਾਂ ਦੀ । ਮਤ ਘਾਲਹੁ-ਨਾਂਹ ਭੇਜੀਂ । ਖਬਰੀ-ਖ਼ਬਰ, ਸੋਇ ।੨।

ਅਰਥ :-ਹੇ ਪ੍ਰਭੂ ! ਮੇਰੀ ਲਾਜ ਰੱਖ ਲੈ । ਮੈਥੋਂ ਬੜਾ ਮਾੜਾ ਕੰਮ ਹੋਇਆ ਹੈ ਕਿ ਨਾਂਹ ਮੈਂ ਚੰਗਾ ਸੁਭਾਵ ਬਣਾਇਆ, ਨਾਂਹ ਮੈਂ ਜੀਵਨ ਦਾ ਫ਼ਰਜ਼ ਕਮਾਇਆ, ਤੇ

ਨਾਂਹ ਤੇਰੀ ਬੰਦਗੀ, ਤੇਰੀ ਭਗਤੀ ਕੀਤੀ। ਮੈਂ ਸਦਾ ਅਹੰਕਾਰ ਕਰਦਾ ਰਿਹਾ, ਤੇ ਵਿੰਗੇ ਰਾਹ ਪਿਆ ਰਿਹਾ ਹਾਂ (ਟੇਢਾ-ਪਨ ਫੜਿਆ ਹੋਇਆ ਹੈ)। ੧। ਰਹਾਉ।

ਇਸ ਸਰੀਰ ਨੂੰ ਕਦੇ ਨਾਂਹ ਮਰਨ ਵਾਲਾ ਸਮਝ ਕੇ ਮੈਂ ਸਦਾ ਇਸ ਨੂੰ ਹੀ ਪਾਲਦਾ ਰਿਹਾ, (ਇਹ ਸੋਚ ਹੀ ਨਾਂਹ ਫੁਰੀ ਕਿ) ਇਹ ਸਰੀਰ ਤਾਂ ਕੱਚੇ ਘੜੇ ਵਾਂਗ ਨਾਸਵੰਤ ਹੈ। ਜਿਸ ਪ੍ਰਭੂ ਨੇ ਮਿਹਰ ਕਰ ਕੇ ਮੇਰਾ ਇਹ ਸੁਹਣਾ ਸਰੀਰ ਬਣਾ ਕੇ ਮੈਨੂੰ ਪੈਦਾ ਕੀਤਾ, ਉਸ ਨੂੰ ਵਿਸਾਰ ਕੇ ਮੈਂ ਹੋਰਨੀਂ ਪਾਸੀਂ ਲੱਗਾ ਰਿਹਾ। ੧।

(ਸੋ)ਕਬੀਰ ਆਖਦਾ ਹੈ–(ਹੇ ਪ੍ਰਭੂ !) ਮੈਂ ਤੇਰਾ ਚੋਰ ਹਾਂ, ਮੈਂ ਭਲਾ ਨਹੀਂ ਅਖਵਾ ਸਕਦਾ। ਫਿਰ ਭੀ (ਹੇ ਪ੍ਰਭੂ !) ਮੈਂ ਤੇਰੇ ਚਰਨਾਂ ਦੀ ਸ਼ਰਨ ਆ ਪਿਆ ਹਾਂ; ਮੇਰੀ ਇਹ ਅਰਜ਼ੋਈ ਸੁਣ, ਮੈਨੂੰ ਜਮਾਂ ਦੀ ਸੋਇ ਨਾਂਹ ਘੱਲੀਂ (ਭਾਵ, ਮੈਨੂੰ ਜਨਮ ਮਰਨ ਦੇ ਗੇੜ ਵਿਚ ਨਾਂਹ ਪੈਣ ਦੇਈਂ)।੨।੬।

ਬਿਲਾਵਲੁ ॥ ਦਰਮਾਦੇ ਠਾਢੇ ਦਰਬਾਰਿ ॥ ਤੁਝ ਬਿਨੁ ਸੁਰਤਿ ਕਰੈ ਕੋ ਮੇਰੀ, ਦਰਸਨੁ ਦੀਜੈ ਖੋਲਿ੍ ਕਿਵਾਰ ॥ ੧ ॥ ਰਹਾਉ ॥ ਤੁਮ ਧਨ ਧਨੀ ਉਦਾਰ ਤਿਆਗੀ, ਸ੍ਰਵਨਨ ਸੁਨੀਅਤ ਸੁਜਸੁ ਤੁਮ੍ਹਾਰ ॥ ਮਾਗਉ ਕਾਹਿ, ਰੰਕ ਸਭ ਦੇਖਉ, ਤੁਮ ਹੀ ਤੇ ਮੇਰੋ ਨਿਸਤਾਰੁ ॥ ੧ ॥ ਜੈਦੇਉ ਨਾਮਾ ਬਿਪ ਸੁਦਾਮਾ, ਤਿਨ ਕਉ ਕ੍ਰਿਪਾ ਭਈ ਹੈ ਅਪਾਰ ॥ ਕਹਿ ਕਬੀਰ ਤੁਮ ਸੰਮ੍ਰਥ ਦਾਤੇ, ਚਾਰਿ ਪਦਾਰਥ ਦੇਤ ਨਾ ਬਾਰ ॥੨॥੭॥ [ਪੰਨਾ ੮੫੬]

ਪਦ ਅਰਥ :–ਦਰਮਾਦੇ–[ਫ਼ਾਰਸੀ : ਦਰਮਾਂਦਾ] ਆਜਿਜ਼, ਮੰਗਤਾ। ਠਾਢੇ–ਖਲੋਤਾ ਹਾਂ। ਦਰਬਾਰਿ–(ਤੇਰੇ) ਦਰ ਤੇ। ਸੁਰਤਿ–ਸੰਭਾਲ, ਖ਼ਬਰਗੀਰੀ। ਕੋ–ਕੌਣ ? ਖੋਲਿ–ਖੋਲ੍ਹ ਕੇ। ਕਿਵਾਰ–ਕਿਵਾੜ, ਭਿੱਤ, ਬੂਹਾ। ੧। ਰਹਾਉ।

ਧਨ ਧਨੀ–ਧਨ ਦਾ ਮਾਲਕ। ਉਦਾਰ–ਖੁਲ੍ਹੇ ਦਿਲ ਵਾਲਾ। ਤਿਆਗੀ–ਦਾਨੀ। ਸ੍ਰਵਨਨ–ਕੰਨੀਂ। ਸੁਨੀਅਤ–ਸੁਣਿਆ ਜਾਂਦਾ ਹੈ। ਸੁਜਸੁ–ਸੁਹਣਾ ਜਸ, ਮਿੱਠੀ ਸੋਭਾ। ਮਾਗਉ–ਮਾਗਉਂ, ਮੈਂ ਮੰਗਾਂ। ਕਾਹਿ–ਕਿਸ ਪਾਸੋਂ ? ਰੰਕ–ਕੰਗਾਲ। ਨਿਸਤਾਰੁ–ਪਾਰ-ਉਤਾਰਾ। ੧।

ਜੈਦੇਉ–ਭਗਤ ਜੈਦੇਵ ਜੀ ਬਾਰ੍ਹਵੀਂ ਸਦੀ ਵਿਚ ਸੰਸਕ੍ਰਿਤ ਦੇ ਇਕ ਪ੍ਰਸਿੱਧ ਵਿਦਵਾਨ ਕਵੀ ਹੋਏ ਹਨ, ਇਹਨਾਂ ਦੀ ਭਗਤੀ-ਰਸ ਵਿਚ ਲਿਖੀ ਹੋਈ ਪੁਸਤਕ "ਗੀਤ ਗੋਵਿੰਦ" ਬੜਾ ਆਦਰ ਮਾਨ ਪਾ ਰਹੀ ਹੈ। ਦੱਖਣੀ ਬੰਗਾਲ ਦੇ ਪਿੰਡ ਕੰਨਦੂਲੀ ਵਿਚ ਇਹ ਜੰਮੇ ਸਨ। ਉੱਚੇ ਜੀਵਨ ਵਾਲੇ ਪ੍ਰਭੂ-ਭਗਤ ਹੋਏ ਹਨ। ਗੁਰੂ ਗ੍ਰੰਥ ਸਾਹਿਬ ਵਿਚ ਇਹਨਾਂ ਦੇ ਦੋ ਸ਼ਬਦ ਦਰਜ ਹਨ, ਜੋ ਗੁਰੂ ਨਾਨਕ ਦੇਵ ਜੀ ਨੇ ਆਪਣੀ ਪਹਿਲੀ

ਉਦਾਸੀ ਵਿਚ ਬੰਗਾਲ ਵਲ ਜਾਂਦਿਆਂ ਲਿਆਂਦੇ ਸਨ।

ਨਾਮਾ—ਭਗਤ ਨਾਮਦੇਵ ਜੀ ਬੰਬਈ ਦੇ ਜ਼ਿਲਾ ਸਤਾਰਾ ਦੇ ਇਕ ਪਿੰਡ ਵਿਚ ਪੈਦਾ ਹੋਏ ਤੇ ਸਾਰਾ ਜੀਵਨ ਇਹਨਾਂ ਪਾਂਧਰਪੁਰ ਵਿਚ ਗੁਜ਼ਾਰਿਆ। ਕਬੀਰ ਜੀ ਇੱਥੇ ਉਹਨਾਂ ਦੀ ਅਨਿੰਨ ਭਗਤੀ ਤੇ ਪ੍ਰਭੂ ਦੀ ਉਹਨਾਂ ਉੱਤੇ ਅਪਾਰ ਕਿਰਪਾ ਦਾ ਜ਼ਿਕਰ ਕਰ ਰਹੇ ਹਨ। ਸੋ, ਇਹ ਖ਼ਿਆਲ ਕਰਨਾ ਵੱਡੀ ਭੁੱਲ ਹੈ ਕਿ ਨਾਮਦੇਵ ਜੀ ਮੂਰਤੀ-ਪੂਜਕ ਸਨ ਜਾਂ ਮੂਰਤੀ ਪੂਜਾ ਤੋਂ ਉਹਨਾਂ ਰੱਬ ਲੱਭਾ ਸੀ। ਬਿਪ—ਬ੍ਰਹਮਣ। ਬਾਰ—ਚਿਰ। ੨।

ਅਰਥ :—ਹੇ ਪ੍ਰਭੂ ! ਮੈਂ ਤੇਰੇ ਦਰ ਤੇ ਮੰਗਤਾ ਬਣ ਕੇ ਖੜਾ ਹਾਂ। ਭਲਾ ਤੈਥੋਂ ਬਿਨਾ ਹੋਰ ਕੌਣ ਮੇਰੀ ਦਾਰੀ ਕਰ ਸਕਦਾ ਹੈ? ਹੇ ਦਾਤੇ ! ਬੂਹਾ ਖੋਲ੍ਹ ਕੇ ਮੈਨੂੰ ਦੀਦਾਰ ਬਖ਼ਸ਼। ੧। ਰਹਾਉ।

ਤੂੰ ਹੀ (ਜਗਤ ਦੇ ਸਾਰੇ) ਧਨ ਪਦਾਰਥ ਦਾ ਮਾਲਕ ਹੈਂ, ਤੇ ਬੜਾ ਖੁਲ੍ਹੇ ਦਿਲ ਵਾਲਾ ਦਾਨੀ ਹੈਂ। (ਜਗਤ ਵਿਚ) ਤੇਰੀ ਹੀ (ਦਾਨੀ ਹੋਣ ਦੀ) ਮਿੱਠੀ ਸੋਭਾ ਕੰਨੀਂ ਸੁਣੀ ਜਾ ਰਹੀ ਹੈ। ਮੈਂ ਹੋਰ ਕਿਸ ਪਾਸੋਂ ਮੰਗਾਂ? ਮੈਨੂੰ ਤਾਂ ਸਭ ਕੰਗਾਲ ਦਿੱਸ ਰਹੇ ਹਨ। ਮੇਰਾ ਬੇੜਾ ਤੇਰੀ ਰਾਹੀਂ ਹੀ ਪਾਰ ਹੋ ਸਕਦਾ ਹੈ। ੧।

ਕਬੀਰ ਆਖਦਾ ਹੈ—ਤੂੰ ਸਭ ਦਾਤਾਂ ਦੇਣ ਜੋਗਾ ਦਾਤਾਰ ਹੈਂ। ਜੀਵਾਂ ਨੂੰ ਚਾਰੇ ਪਦਾਰਥ ਦੇਂਦਿਆਂ ਤੈਨੂੰ ਰਤਾ ਢਿੱਲ ਨਹੀਂ ਲੱਗਦੀ। ਜੈਦੇਵ, ਨਾਮਦੇਵ, ਸੁਦਾਮਾ ਬ੍ਰਾਹਮਣ—ਇਹਨਾਂ ਉੱਤੇ ਤੇਰੀ ਹੀ ਬੇਅੰਤ ਕਿਰਪਾ ਹੋਈ ਸੀ। ੨। ੭।

ਬਿਲਾਵਲੁ ॥ ਡੰਡਾ ਮੁੰਦ੍ਰਾ ਖਿੰਥਾ ਆਧਾਰੀ ॥ ਭ੍ਰਮ ਕੈ ਭਾਇ ਭਵੈ ਭੇਖਧਾਰੀ ॥ ੧ ॥ ਆਸਨੁ ਪਵਨ ਦੂਰਿ ਕਰਿ ਬਵਰੇ ॥ ਛੋਡਿ ਕਪਟੁ ਨਿਤ ਹਰਿ ਭਜੁ ਬਵਰੇ ॥ ੧ ॥ ਰਹਾਉ ॥ ਜਿਹ ਤੂ ਜਾਚਹਿ ਸੋ ਤ੍ਰਿਭਵਨ ਭੋਗੀ ॥ ਕਹਿ ਕਬੀਰ ਕੇਸੌ ਜਗਿ ਜੋਗੀ ॥ ੨ ॥ ੮ ॥ [ਪੰਨਾ ੮੫੬]

ਪਦ ਅਰਥ :—ਖਿੰਥਾ—ਗੋਦੜੀ, ਖ਼ਫਨੀ। ਆਧਾਰੀ—ਝੋਲੀ ਜਿਸ ਵਿਚ ਜੋਗੀ ਭਿੱਛਿਆ ਮੰਗ ਕੇ ਪਾ ਲੈਂਦਾ ਹੈ। ਭਾਇ—ਭਾਵਨਾ ਵਿਚ, ਅਨੁਸਾਰ। ਭ੍ਰਮ ਕੈ ਭਾਇ—ਭਰਮ ਦੇ ਆਸਰੇ, ਭਰਮ ਦੇ ਅਧੀਨ ਹੋ ਕੇ, ਭਟਕਣਾ ਵਿਚ ਪੈ ਕੇ। ਭਵੈ—ਭਵੈਂ, ਤੂੰ ਭੌਂ ਰਿਹਾ ਹੈਂ। ਭੇਖ ਧਾਰੀ—ਧਰਮੀਆਂ ਵਾਲਾ ਪਹਿਰਾਵਾ ਪਾ ਕੇ। ੧।

ਆਸਨੁ—ਜੋਗ-ਅੱਭਿਆਸ ਦੇ ਆਸਣ। ਪਵਨ- ਪ੍ਰਾਣਾਯਾਮ। ਬਵਰੇ—ਹੇ ਕਮਲੇ ਜੋਗੀ ! ਕਪਟੁ—ਠੱਗੀ, ਪਖੰਡ। ੧। ਰਹਾਉ।

ਜਿਹ—ਜੋ ਕੁਝ, ਜਿਸ (ਮਾਇਆ) ਨੂੰ। ਜਾਚਹਿ—ਤੂੰ ਮੰਗਦਾ ਹੈਂ। ਤ੍ਰਿਭਵਣ—ਤਿੰਨਾਂ ਭਵਨਾਂ ਦੇ ਜੀਵਾਂ ਨੇ, ਸਾਰੇ ਜਗਤ ਦੇ ਜੀਵਾਂ ਨੇ। ਕੇਸੌ—ਪਰਮਾਤਮਾ (ਦਾ ਨਾਮ ਹੀ ਮੰਗਣ-ਜੋਗ ਹੈ)। ਜੋਗੀ—ਹੇ ਜੋਗੀ ! ੨।

ਨੋਟ—ਇਸ ਸ਼ਬਦ ਦੀ 'ਰਹਾਉ' ਦੀ ਤੁਕ ਵਿਚ ਕਬੀਰ ਜੀ ਖੁਲ੍ਹੇ ਲਫ਼ਜ਼ਾਂ ਵਿਚ ਜੋਗ-ਅੱਭਿਆਸ ਤੇ ਪ੍ਰਾਣਯਾਮ ਨੂੰ 'ਕਪਟ' ਕਹਿ ਰਹੇ ਹਨ, ਤੇ ਕਿਸੇ ਜੋਗੀ ਨੂੰ ਸਮਝਾਉਂਦੇ ਹਨ ਕਿ ਇਹ ਕੁਰਾਹ ਛੱਡ ਦੇਹ। ਇਹ ਮਾਇਆ ਦੀ ਖ਼ਾਤਰ ਹੀ ਇਕ ਛਿੰਭ ਹੈ। ਜੋਗ-ਅੱਭਿਆਸੀ ਪ੍ਰਾਣਾਯਾਮ ਬਾਬਤ ਕਬੀਰ ਜੀ ਦੇ ਆਪਣੇ ਇਹ ਸਾਫ਼ ਖ਼ਿਆਲ ਛੱਡ ਕੇ ਹੋਰ ਸੁਆਰਥੀ ਲੋਕਾਂ ਦੀਆਂ ਘੜੀਆਂ ਕਹਾਣੀਆਂ ਤੇ ਵਿਛ ਕੇ ਕਬੀਰ ਜੀ ਨੂੰ ਜੋਗ-ਅੱਭਿਆਸੀ ਮਿਥ ਲੈਣਾ ਭਾਰੀ ਭੁੱਲ ਹੈ।

ਅਰਥ :—ਹੇ ਝੱਲੇ ਜੋਗੀ! ਜੋਗ-ਅੱਭਿਆਸ ਤੇ ਪ੍ਰਾਣਾਯਾਮ ਨੂੰ ਤਿਆਗ। ਇਸ ਪਖੰਡ ਨੂੰ ਛੱਡ, ਤੇ ਸਦਾ ਪ੍ਰਭੂ ਦੀ ਬੰਦਗੀ ਕਰ। ੧। ਰਹਾਉ।

ਨੋਟ—ਜੋਗ-ਅੱਭਿਆਸ, ਪ੍ਰਾਣਾਯਾਮ ਛੱਡ ਕੇ ਪ੍ਰਭੂ-ਸਿਮਰਨ ਦਾ ਉਪਦੇਸ਼ ਕਰਨ ਤੋਂ ਇਕ ਗੱਲ ਸਾਫ਼ ਪ੍ਰਤੱਖ ਹੈ ਕਿ ਕਬੀਰ ਜੀ ਭਗਤੀ ਵਾਸਤੇ ਇਹਨਾਂ ਦੀ ਕੋਈ ਲੋੜ ਨਹੀਂ ਸਮਝਦੇ।

ਹੇ ਜੋਗੀ! ਤੂੰ ਭਟਕਣਾ ਵਿਚ ਪੈ ਕੇ, ਡੰਡਾ, ਮੁੰਦ੍ਰਾ, ਖ਼ਫ਼ਨੀ ਤੇ ਝੋਲੀ ਆਦਿਕ ਦਾ ਧਾਰਮਿਕ ਬਾਣਾ ਪਾ ਕੇ, ਕੁਰਾਹੇ ਪੈ ਗਿਆ ਹੈਂ। ੧।

(ਜੋਗ-ਅੱਭਿਆਸ ਤੇ ਪ੍ਰਾਣਾਯਾਮ ਦੇ ਨਾਟਕ-ਚੇਟਕ ਵਿਖਾ ਕੇ) ਜਿਹੜੀ ਮਾਇਆ ਤੂੰ ਮੰਗਦਾ ਫਿਰਦਾ ਹੈਂ, ਉਸ ਨੂੰ ਤਾਂ ਸਾਰੇ ਜਗਤ ਦੇ ਜੀਵ ਭੋਗ ਰਹੇ ਹਨ। ਕਬੀਰ ਆਖਦਾ ਹੈ—ਹੇ ਜੋਗੀ! ਜਗਤ ਵਿਚ ਮੰਗਣ-ਜੋਗ ਇਕ ਪ੍ਰਭੂ ਦਾ ਨਾਮ ਹੀ ਹੈ। ੨। ੮।

ਸ਼ਬਦ ਦਾ ਭਾਵ :—ਪ੍ਰਭੂ ਦਾ ਨਾਮ ਹੀ ਮਨੁੱਖਾ ਜਨਮ ਦਾ ਮਨੋਰਥ ਹੈ। ਨਾਮ ਸਿਮਰਨ ਵਾਸਤੇ ਜੋਗੀਆਂ ਦੇ ਆਸਣਾਂ ਅਤੇ ਪ੍ਰਾਣਾਯਾਮ ਦੀ ਕੋਈ ਲੋੜ ਨਹੀਂ ਹੈ।

ਬਿਲਾਵਲੁ ॥ ਇਨਿ ਮਾਇਆ, ਜਗਦੀਸ ਗੁਸਾਈ, ਤੁਮਰੇ ਚਰਨ ਬਿਸਾਰੇ ॥ ਕਿੰਚਤ ਪ੍ਰੀਤਿ ਨ ਉਪਜੈ ਜਨ ਕਉ, ਜਨ ਕਹਾ ਕਰਹਿ ਬੇਚਾਰੇ॥ ੧ ॥ ਰਹਾਉ ॥ ਧ੍ਰਿਗੁ ਤਨੁ ਧ੍ਰਿਗੁ ਧਨੁ ਧ੍ਰਿਗੁ ਇਹ ਮਾਇਆ, ਧ੍ਰਿਗੁ ਧ੍ਰਿਗੁ ਮਤਿ ਬੁਧਿ ਫੰਨੀ ॥ ਇਸ ਮਾਇਆ ਕਉ ਦ੍ਰਿੜੁ ਕਰਿ ਰਾਖਹੁ, ਬਾਂਧੇ ਆਪ ਬਚੰਨੀ ॥ ੧ ॥ ਕਿਆ ਖੇਤੀ ਕਿਆ ਲੇਵਾ ਦੇਈ, ਪਰਪੰਚ ਝੂਠੁ ਗੁਮਾਨਾ ॥ ਕਹਿ ਕਬੀਰ ਤੇ ਅੰਤਿ ਬਿਗੂਤੇ, ਆਇਆ ਕਾਲੁ ਨਿਦਾਨਾ॥ ੨ ॥ ੯ ॥ [ਪੰਨਾ ੮੫੭]

ਪਦ ਅਰਥ :—ਇਨਿ—ਇਸ ਨੇ। ਇਨਿ ਮਾਇਆ—ਇਸ ਮਾਇਆ ਨੇ। ਜਗਦੀਸ—ਹੇ ਜਗਤ ਦੇ ਈਸ਼! ਕਿੰਚਤ—[skt. किंचित] ਰਤਾ ਭਰ ਭੀ, ਥੋੜੀ ਭੀ।

ਜਨ ਕਉ–ਬੰਦਿਆਂ ਨੂੰ। ਬੇਚਾਰੇ ਜਨ–ਵਿਚਾਰੇ ਜੀਵ। ੧। ਰਹਾਉ।

ਧ੍ਰਿਗੁ–ਫਿਟਕਾਰ-ਜੋਗ।ਤਨੁ–ਸਰੀਰ। ਫੰਨੀ–ਫੰਧ ਲਾਣ ਵਾਲੀ, ਲੋਕਾਂ ਨੂੰ ਧੋਖਾ ਦੇਣ ਵਾਲੀ। ਦ੍ਰਿੜੁ ਕਰਿ ਰਾਖਹੁ–ਚੰਗੀ ਤਰ੍ਹਾਂ ਸਾਂਭ ਰੱਖ। ਬਾਂਧੇ–(ਇਹ ਮਾਇਆ ਜੀਵਾਂ ਨੂੰ) ਬੰਨ੍ਹਦੀ ਹੈ। ਆਪ ਬਚੰਨੀ–(ਹੇ ਪ੍ਰਭੂ !) ਤੇਰੇ ਹੁਕਮ ਅਨੁਸਾਰ। ੧।

ਲੇਵਾ ਦੇਈ–ਲੈਣ-ਦੇਣ, ਕਾਰ-ਵਿਹਾਰ, ਵਪਾਰ। ਪਰਪੰਚ ਗੁਮਾਨਾ–ਇਸ ਪਸਾਰੇ ਦਾ ਮਾਣ। ਝੂਠੁ–ਕੂੜ, ਵਿਅਰਥ। ਕਹਿ–ਕਹੇ, ਆਖਦਾ ਹੈ ! ਅੰਤਿ–ਅੰਤ ਨੂੰ ਆਖ਼ਰ। ਬਿਗੂਤੇ–ਖ਼ੁਆਰ ਹੋਏ, ਪਛਤਾਏ। ਨਿਦਾਨਾ–ਓੜਕ ਨੂੰ। ੨।

ਅਰਥ :–ਹੇ ਜਗਤ ਦੇ ਮਾਲਕ ! ਹੇ ਜਗਤ ਦੇ ਖਸਮ ! (ਤੇਰੀ ਪੈਦਾ ਕੀਤੀ ਹੋਈ) ਇਸ ਮਾਇਆ ਨੇ (ਅਸਾਂ ਜੀਵਾਂ ਦੇ ਦਿਲਾਂ ਵਿਚੋਂ) ਤੇਰੇ ਚਰਨਾਂ ਦੀ ਯਾਦ ਭੁਲਾ ਦਿੱਤੀ ਹੈ। ਜੀਵ ਵਿਚਾਰੇ ਕੀਹ ਕਰਨ ? (ਇਸ ਮਾਇਆ ਦੇ ਕਾਰਨ) ਜੀਵਾਂ ਦੇ ਅੰਦਰ (ਤੇਰੇ ਚਰਨਾਂ ਦਾ) ਰਤਾ ਭੀ ਪਿਆਰ ਪੈਦਾ ਨਹੀਂ ਹੁੰਦਾ ਹੈ। ੧। ਰਹਾਉ।

ਲਾਹਨਤ ਹੈ ਇਸ ਸਰੀਰ ਤੇ ਧਨ-ਪਦਾਰਥ ਨੂੰ; ਫਿਟਕਾਰ-ਜੋਗ ਹੈ (ਮਨੁੱਖਾਂ ਦੀ ਇਹ) ਅਕਲ, ਜੋ (ਧਨ-ਪਦਾਰਥ ਦੀ ਖ਼ਾਤਰ) ਹੋਰਨਾਂ ਨੂੰ ਧੋਖਾ ਦੇਂਦੀ ਹੈ।ਹੇ ਜਗਦੀਸ਼! ਤੇਰੇ ਹੁਕਮ-ਅਨੁਸਾਰ ਹੀ ਇਹ ਮਾਇਆ ਜੀਵਾਂ ਨੂੰ ਆਪਣੇ ਮੋਹ ਵਿਚ ਬੰਨ੍ਹ ਰਹੀ ਹੈ। ਸੋ, ਤੂੰ ਆਪ ਹੀ ਇਸ ਨੂੰ ਚੰਗੀ ਤਰ੍ਹਾਂ ਆਪਣੇ ਕਾਬੂ ਵਿਚ ਰੱਖ। ੧।

ਕਬੀਰ ਆਖਦਾ ਹੈ–ਕੀਹ ਖੇਤੀ ਤੇ ਕੀਹ ਵਪਾਰ ? ਜਗਤ ਦੇ ਇਸ ਪਸਾਰੇ ਦਾ ਮਾਣ ਕੂੜਾ ਹੈ, ਕਿਉਂਕਿ ਜਦੋਂ ਓੜਕ ਨੂੰ ਮੌਤ ਆਉਂਦੀ ਹੈ ਤਾਂ (ਇਸ ਪਸਾਰੇ ਦੇ ਮੋਹ-ਮਾਣ ਵਿਚ ਫਸੇ ਹੋਏ) ਜੀਵ ਆਖ਼ਰ ਹਾਹੁਕੇ ਲੈਂਦੇ ਹਨ। ੨। ੯।

ਬਿਲਾਵਲੁ ॥ ਸਰੀਰ ਸਰੋਵਰ ਭੀਤਰੇ, ਆਛੈ ਕਮਲ ਅਨੂਪ ॥ ਪਰਮ ਜੋਤਿ ਪੁਰਖੋਤਮੋ ਜਾ ਕੈ ਰੇਖ ਨ ਰੂਪ ॥ ੧ ॥ ਰੇ ਮਨ ਹਰਿ ਭਜੁ, ਭ੍ਰਮੁ ਤਜਹੁ, ਜਗਜੀਵਨ ਰਾਮ ॥ ੧ ॥ ਰਹਾਉ ॥ ਆਵਤ ਕਛੂ ਨ ਦੀਸਈ, ਨਹ ਦੀਸੈ ਜਾਤ ॥ ਜਹ ਉਪਜੈ ਬਿਨਸੈ ਤਹੀ, ਜੈਸੇ ਪੁਰਿਵਨ ਪਾਤ ॥ ੨ ॥ ਮਿਥਿਆ ਕਰਿ ਮਾਇਆ ਤਜੀ, ਸੁਖ ਸਹਜ ਬੀਚਾਰਿ॥ਕਹਿ ਕਬੀਰ ਸੇਵਾ ਕਰਹੁ, ਮਨ ਮੰਝਿ ਮੁਰਾਰਿ ॥੩॥੧੦॥ [ਪੰਨਾ ੮੫੭]

ਪਦ ਅਰਥ :–ਭੀਤਰੇ–ਅੰਦਰ ਹੀ, ਭੀਤਰ ਹੀ। ਸਰੋਵਰ–ਸੁਹਣਾ ਸਰ। ਆਛੈ–ਹੈ। ਅਨੂਪ–ਜਿਸ ਵਰਗਾ ਹੋਰ ਨਹੀਂ,ਬੜਾ ਸੁੰਦਰ। ਪੁਰਖੋਤਮੋ–ਉੱਤਮ ਪੁਰਖ ਪ੍ਰਭੂ। ਜਾ ਕੈ–ਜਿਸ ਦੇ ਅੰਦਰ। ਰੇਖ–ਲਕੀਰ। ੧।

ਭ੍ਰਮੁ–ਭਟਕਣਾ, ਮਾਇਆ ਦੇ ਪਿੱਛੇ ਦੌੜ-ਭੱਜ। ਜਗ ਜੀਵਨ–ਜਗਤ ਦੀ

ਜ਼ਿੰਦਗੀ, ਜਗਤ ਦਾ ਆਸਰਾ।੧।ਰਹਾਉ।

ਕਛੂ ਨ ਦੀਸਈ—ਕੁੱਝ ਭੀ ਨਹੀਂ ਦਿੱਸਦਾ। ਜਾਤ—ਜਾਂਦਾ, ਮਰਦਾ। ਜਹ—ਜਿੱਥੇ। ਉਪਜੈ—(ਮਾਇਆ ਦੀ ਖੇਡ) ਪੈਦਾ ਹੁੰਦੀ ਹੈ। ਤਹੀ—ਉੱਥੇ ਹੀ। ਪੁਰਿਵਨ ਪਾਤ—ਚੁਪੱਤੀ ਦੇ ਪੱਤਰ।੨।

ਮਿਥਿਆ—ਨਾਸਵੰਤ। ਕਰਿ—ਕਰ ਕੇ,ਜਾਣ ਕੇ,ਸਮਝ ਕੇ। ਬੀਚਾਰਿ—ਵਿਚਾਰ ਕੇ, ਸਮਝ ਕੇ। ਮਨ ਮੰਝਿ—ਮਨ ਦੇ ਅੰਦਰ ਹੀ।੩।

ਅਰਥ :—ਹੇ ਮੇਰੇ ਮਨ! (ਮਾਇਆ ਦੇ ਪਿੱਛੇ) ਭਟਕਣਾ ਛੱਡ ਦੇਹ, ਤੇ ਉਸ ਪਰਮਾਤਮਾ ਦਾ ਭਜਨ ਕਰ, ਜੋ ਸਾਰੇ ਜਗਤ ਦਾ ਆਸਰਾ ਹੈ।੧।ਰਹਾਉ।

ਹੇ ਮਨ! ਜਿਸ ਉੱਤਮ ਪੁਰਖ ਪ੍ਰਭੂ ਦੀ ਪਰਮ ਜੋਤ ਦਾ ਰੂਪ-ਰੇਖ ਨਹੀਂ ਦੱਸਿਆ ਜਾ ਸਕਦਾ, ਉਹ ਪ੍ਰਭੂ ਇਸ ਸਰੀਰ-ਰੂਪ ਸੁਹਣੇ ਸਰ ਦੇ ਅੰਦਰ ਹੀ ਹੈ, ਉਸੇ ਦੀ ਬਰਕਤ ਨਾਲ ਹਿਰਦਾ-ਰੂਪ ਕੌਲ ਫੁੱਲ ਸੁਹਣਾ ਖਿੜਿਆ ਰਹਿੰਦਾ ਹੈ।੧।

ਉਹ ਰੱਬੀ-ਜੋਤ ਨਾਂਹ ਕਦੇ ਜੰਮਦੀ ਹੈ, ਤੇ ਨਾਂਹ ਮਰਦੀ ਦਿੱਸਦੀ ਹੈ। ਪਰ ਇਹ ਮਾਇਆ ਦੀ ਖੇਡ ਚੁਪੱਤੀ ਦੇ ਪੱਤਿਆਂ ਵਾਂਗ ਉਸੇ (ਪ੍ਰਭੂ ਵਿਚੋਂ) ਪੈਦਾ ਹੁੰਦੀ ਹੈ ਤੇ ਉਸੇ ਵਿਚ ਲੀਨ ਹੋ ਜਾਂਦੀ ਹੈ।੨।

ਸਹਿਜ ਅਵਸਥਾ ਦੇ ਸੁਖ ਦੀ ਵਿਚਾਰ ਕਰ ਕੇ (ਭਾਵ, ਇਹ ਸਮਝ ਕੇ ਕਿ ਮਾਇਆ ਦਾ ਮੋਹ ਛੱਡਿਆਂ, ਮਾਇਆ ਵਿਚ ਡੋਲਣੋਂ ਹਟ ਕੇ, ਸੁਖ ਬਣ ਜਾਇਗਾ) ਕਬੀਰ ਨੇ ਇਸ ਮਾਇਆ ਨੂੰ ਨਾਸਵੰਤ ਜਾਣ ਕੇ (ਇਸ ਦਾ ਮੋਹ) ਛੱਡ ਦਿੱਤਾ ਹੈ ਤੇ ਹੁਣ ਆਖਦਾ ਹੈ—ਹੇ ਮਨ! ਆਪਣੇ ਅੰਦਰ ਹੀ (ਟਿਕ ਕੇ) ਪਰਮਾਤਮਾ ਦਾ ਸਿਮਰਨ ਕਰ।੩।੧੦।

ਸ਼ਬਦ ਦਾ ਭਾਵ :—ਮਾਇਆ ਵਾਲੀ ਭਟਕਣਾ ਛੱਡ ਕੇ ਆਪਣੇ ਅੰਦਰ-ਵੱਸਦੇ ਪ੍ਰਭੂ ਦਾ ਸਿਮਰਨ ਕਰੋ। ਇਹੀ ਹੈ ਸੁਖ ਦਾ ਸਾਧਨ।

ਬਿਲਾਵਲੁ ॥ ਜਨਮ ਮਰਨ ਕਾ ਭ੍ਰਮੁ ਗਇਆ, ਗੋਬਿਦ ਲਿਵ ਲਾਗੀ ॥ ਜੀਵਤ ਸੁੰਨਿ ਸਮਾਨਿਆ, ਗੁਰ ਸਾਖੀ ਜਾਗੀ ॥੧॥ ਰਹਾਉ ॥ ਕਾਸੀ ਤੇ ਧੁਨਿ ਊਪਜੈ, ਧੁਨਿ ਕਾਸੀ ਜਾਈ॥ ਕਾਸੀ ਫੂਟੀ ਪੰਡਿਤਾ,ਧੁਨਿ ਕਹਾਂ ਸਮਾਈ ॥ ੧ ॥ ਤ੍ਰਿਕੁਟੀ ਸੰਧਿ ਮੈ ਪੇਖਿਆ, ਘਟ ਹੂ ਘਟ ਜਾਗੀ॥ ਐਸੀ ਬੁਧਿ ਸਮਾਚਰੀ, ਘਟ ਮਾਹਿ ਤਿਆਗੀ ॥ ੨ ॥ ਆਪੁ ਆਪ ਤੇ ਜਾਨਿਆ, ਤੇਜ ਤੇਜੁ ਸਮਾਨਾ ॥ ਕਹੁ ਕਬੀਰ ਅਬ ਜਾਨਿਆ, ਗੋਬਿਦ ਮਨੁ ਮਾਨਾ ॥ ੩ ॥ ੧੧ ॥ [ਪੰਨਾ ੮੫੭]

ਪਦ ਅਰਥ :–ਭ੍ਰਮੁ–ਭਰਮ, ਭਟਕਣਾ, ਗੇੜ। ਗਇਆ–ਮੁੱਕ ਗਿਆ। ਲਿਵ–ਲਗਨ। ਸੁੰਨਿ–ਉਸ ਅਵਸਥਾ ਵਿਚ ਜਿੱਥੇ ਮਾਇਆ ਦੇ ਫੁਰਨਿਆਂ ਵਲੋਂ ਸੁੰਞ ਹੈ,ਅਫੁਰ ਅਵਸਥਾ ਵਿਚ। ਸਾਖੀ–ਸਿੱਖਿਆ ਦੀ ਰਾਹੀਂ। ਗੁਰ ਸਾਖੀ–ਸਤਿਗੁਰੂ ਦੀ ਸਿੱਖਿਆ ਨਾਲ। ਜਾਗੀ–(ਬੁੱਧ) ਜਾਗ ਪਈ ਹੈ। ਰਹਾਉ।

ਕਾਸੀ–ਕੈਂਹ (ਦਾ ਭਾਂਡਾ)। ਧੁਨਿ–ਅਵਾਜ਼। ਜਾਈ–ਲੀਨ ਹੋ ਜਾਂਦੀ ਹੈ। ਕਾਸੀ ਫੂਟੀ–ਕੈਂਹ ਦਾ ਭਾਂਡਾ ਟੁੱਟਿਆਂ। ਪੰਡਿਤਾ–ਹੇ ਪੰਡਿਤ ! ਕਹਾਂ–ਕਿੱਥੇ ? ਨੋਟ–ਕੈਂਹ ਦੇ ਭਾਂਡੇ ਨੂੰ ਠਣਕਾਰੀਏ ਤਾਂ ਇਸ ਵਿਚੋਂ ਅਵਾਜ਼ ਨਿਕਲਦੀ ਹੈ, ਜੇ ਠੋਕਰਨਾ ਛੱਡ ਦੇਈਏ ਤਾਂ ਅਵਾਜ਼ ਭੀ ਮੁੱਕ ਜਾਂਦੀ ਹੈ। ਪਰ ਜਦੋਂ ਉਹ ਭਾਂਡਾ ਟੁੱਟ ਜਾਏ, ਤਾਂ ਠਣਕਾਇਆਂ ਭੀ ਉਹ ਅਵਾਜ਼ ਨਹੀਂ ਨਿਕਲਦੀ। ਸਰੀਰ ਦਾ ਮੋਹ (ਦੇਹ-ਅੱਧਿਆਸ) ਮਾਨੋ, ਕੈਂਹ ਦਾ ਭਾਂਡਾ ਹੈ, ਜਿਤਨਾ ਚਿਰ ਇਹ ਦੇਹ-ਅੱਧਿਆਸ ਮਨੁੱਖ ਦੇ ਅੰਦਰ ਕਾਇਮ ਰਹਿੰਦਾ ਹੈ, ਦੁਨੀਆ ਦੇ ਪਦਾਰਥ ਗਿਆਨ-ਇੰਦ੍ਰਿਆਂ ਨੂੰ ਠੋਕਰਾਂ ਲਾਉਂਦੇ ਹੀ ਰਹਿੰਦੇ ਹਨ, ਤੇ ਮਨ ਵਿਚੋਂ ਤ੍ਰਿਸ਼ਨਾ ਦੀ ਸੁਰ ਛਿੜੀ ਹੀ ਰਹਿੰਦੀ ਹੈ। ਪਰ ਜਦੋਂ ਸਰੀਰ ਦਾ ਮੋਹ ਮੁੱਕ ਜਾਏ, ਨਾਂਹ ਕੋਈ ਪਦਾਰਥ ਇੰਦ੍ਰਿਆਂ ਨੂੰ ਪ੍ਰੇਰ ਸਕਦਾ ਹੈ, ਨਾਂਹ ਕੋਈ ਠੋਕਰ ਵੱਜਦੀ ਹੈ, ਤੇ ਨਾਂਹ ਹੀ ਅੰਦਰ ਤ੍ਰਿਸ਼ਨਾ ਦਾ ਰਾਗ ਛਿੜਦਾ ਹੈ। ਫਿਰ, ਪਤਾ ਨਹੀਂ ਉਹ ਰਾਗ ਕਿੱਥੇ ਜਾ ਸਮਾਉਂਦਾ ਹੈ।

ਤ੍ਰਿਕੁਟੀ–[Skt. ਤ੍ਰਿ+ਕੁਟੀ। ਤ੍ਰਿ–ਤਿੰਨ। ਕੁਟੀ–ਡਿੰਗੀਆਂ ਲਕੀਰਾਂ] ਤਿੰਨ ਵਿੰਗੀਆਂ ਲਕੀਰਾਂ ਜੋ ਮਨੁੱਖ ਦੇ ਮੱਥੇ ਉੱਤੇ ਪੈ ਜਾਂਦੀਆਂ ਹਨ। ਜਿਵੇਂ ਸੰਸਕ੍ਰਿਤ ਲਫ਼ਜ਼ "ਨਿਕਟਿ" ਤੋਂ ਪੰਜਾਬੀ ਲਫ਼ਜ਼ "ਨੇੜੇ" ਬਣ ਗਿਆ ਹੈ; ਜਿਵੇਂ ਲਫ਼ਜ਼ "ਕਟਕ" ਤੋਂ "ਕੜਾ" ਬਣ ਗਿਆ ਹੈ, ਤਿਵੇਂ, ਸੰਸਕ੍ਰਿਤ ਲਫ਼ਜ਼ "ਤ੍ਰਿਕੁਟੀ" ਤੋਂ ਪੰਜਾਬੀ ਲਫ਼ਜ਼ ਹੈ "ਤ੍ਰਿਊੜੀ"। ਮਨੁੱਖ ਦੇ ਮੱਥੇ ਉੱਤੇ 'ਤ੍ਰਿਊੜੀ, ਤਦੋਂ ਹੀ ਪੈਂਦੀ ਹੈ, ਜਦੋਂ ਇਸ ਦੇ ਮਨ ਵਿਚ ਖਿੱਝ ਹੋਵੇ। ਸੋ, 'ਤ੍ਰਿਕੁਟੀ ਵਿੰਨ੍ਹਣ' ਦਾ ਭਾਵ ਹੈ 'ਮਨ ਵਿਚੋਂ ਖਿੱਝ ਮੁਕਾਉਣੀ'। ਇਸ ਵਿਚ ਕੋਈ ਸ਼ੱਕ ਨਹੀਂ ਕਿ ਲਫ਼ਜ਼ 'ਤ੍ਰਿਕੁਟੀ' ਜੋਗੀਆਂ ਵਿਚ ਵਰਤਿਆ ਜਾਂਦਾ ਹੈ, ਪਰ ਇਹ ਜ਼ਰੂਰੀ ਨਹੀਂ ਕਿ ਕਬੀਰ ਜੀ ਦੀ ਬਾਣੀ ਵਿਚ ਭੀ ਇਹ ਉਸੇ ਭਾਵ ਵਿਚ ਹੋਵੇ। ਸਿਰਫ਼ ਇਸ ਲਫ਼ਜ਼ ਦੀ ਵਰਤੋਂ ਤੋਂ ਇਹ ਅੰਦਾਜ਼ਾ ਲਾਉਣਾ ਗ਼ਲਤ ਹੈ ਕਿ ਕਬੀਰ ਜੀ ਪ੍ਰਾਣਾਯਾਮ ਕਰਦੇ ਸਨ। ਜੇ ਅਸਾਂ ਅਜਿਹੀ ਹੀ ਕਸਵੱਟੀ ਵਰਤੀ, ਤਾਂ ਗੁਰੂ ਨਾਨਕ ਦੇਵ ਜੀ, ਗੁਰੂ ਅਮਰਦਾਸ ਜੀ, ਗੁਰੂ ਰਾਮਦਾਸ ਜੀ ਅਤੇ ਗੁਰੂ ਅਰਜਨ ਸਾਹਿਬ ਜੀ ਨੂੰ ਭੀ ਅਸੀ ਅੰਞਾਣਪੁਣੇ ਵਿਚ ਪ੍ਰਾਣਾਯਾਮ ਕਰਨ ਦੇ ਹਾਮੀ ਕਹਿ ਬੈਠਾਂਗੇ।

ਸੰਧਿ—ਵਿੰਨ੍ਹ ਕੇ, ਫੋੜ ਕੇ, ਨਾਸ ਕਰ ਕੇ। ਘਟ ਹੂ ਘਟ—ਹਰੇਕ ਘਟ ਵਿਚ। ਸਮਾਚਰੀ—ਪੈਦਾ ਹੋਈ, ਉਪਜੀ ਹੈ। ਤਿਆਗੀ—ਮਾਇਆ ਤੋਂ ਉਪਰਾਮ, ਮੋਹ ਤੋਂ ਰਹਿਤ। ੨।

ਆਪੁ—ਆਪਣੇ ਆਪ ਨੂੰ, ਆਪਣੇ ਆਤਮਕ ਜੀਵਨ ਨੂੰ। ਆਪ ਤੇ—ਅੰਦਰੋਂ ਹੀ। ਤੇਜੁ—ਪ੍ਰਭੂ ਦੀ ਜੋਤ। ਮਾਨਾ—ਪਤੀਜ ਗਿਆ ਹੈ। ੩।

ਅਰਥ :—(ਮੇਰੇ ਅੰਦਰ) ਸਤਿਗੁਰੂ ਦੀ ਸਿੱਖਿਆ ਨਾਲ ਐਸੀ ਬੁੱਧ ਜਾਗ ਪਈ ਹੈ ਕਿ ਮੇਰੀ ਜਨਮ-ਮਰਨ ਦੀ ਭਟਕਣਾ ਮੁੱਕ ਗਈ ਹੈ, ਪ੍ਰਭੂ-ਚਰਨਾਂ ਵਿਚ ਮੇਰੀ ਸੁਰਤ ਜੁੜ ਗਈ ਹੈ, ਤੇ ਮੈਂ ਜਗਤ ਵਿਚ ਵਿਚਰਦਾ ਹੋਇਆ ਹੀ ਉਸ ਹਾਲਤ ਵਿਚ ਟਿਕਿਆ ਰਹਿੰਦਾ ਹਾਂ ਜਿੱਥੇ ਮਾਇਆ ਦੇ ਫੁਰਨੇ ਨਹੀਂ ਉਠਦੇ। ੧। ਰਹਾਉ।

ਹੇ ਪੰਡਿਤ! ਜਿਵੇਂ ਕੈਂਹ ਦੇ ਭਾਂਡੇ ਨੂੰ ਠਣਕਾਇਆਂ ਉਸ ਵਿਚੋਂ ਅਵਾਜ਼ ਨਿਕ-ਲਦੀ ਹੈ, ਜੇ (ਠਣਕਾਣਾ) ਛੱਡ ਦੇਈਏ ਤਾਂ ਉਹ ਅਵਾਜ਼ ਕੈਂਹ ਵਿਚ ਹੀ ਮੁੱਕ ਜਾਂਦੀ ਹੈ, ਤਿਵੇਂ ਇਸ ਸਰੀਰਕ ਮੋਹ ਦਾ ਹਾਲ ਹੈ। (ਜਦੋਂ ਦੀ ਬੁੱਧ ਜਾਗੀ ਹੈ)ਮੇਰਾ ਸਰੀਰ ਨਾਲੋਂ ਮੋਹ ਮਿਟ ਗਿਆ ਹੈ (ਮੇਰਾ ਇਹ ਮਾਇਕ ਪਦਾਰਥਾਂ ਨਾਲ ਠਣਕਣ ਵਾਲਾ ਭਾਂਡਾ ਭੱਜ ਗਿਆ ਹੈ), ਹੁਣ ਪਤਾ ਹੀ ਨਹੀਂ ਕਿ ਉਹ ਤ੍ਰਿਸ਼ਨਾ ਦੀ ਅਵਾਜ਼ ਕਿੱਥੇ ਜਾ ਗੁੰਮ ਹੋਈ ਹੈ। ੧।

(ਸਤਿਗੁਰੂ ਦੀ ਸਿੱਖਿਆ ਨਾਲ ਬੁੱਧ ਜਾਗਣ ਤੇ) ਮੈਂ ਅੰਦਰਲੀ ਖਿੱਝ ਦੂਰ ਕਰ ਲਈ ਹੈ, ਹੁਣ ਮੈਨੂੰ ਹਰੇਕ ਘਟ ਵਿਚ ਪ੍ਰਭੂ ਦੀ ਜੋਤ ਜਗਦੀ ਦਿੱਸ ਰਹੀ ਹੈ; ਮੇਰੇ ਅੰਦਰ ਐਸੀ ਮੱਤ ਪੈਦਾ ਹੋ ਗਈ ਹੈ ਕਿ ਮੈਂ ਅੰਦਰੋਂ ਵਿਰੱਕਤ ਹੋ ਗਿਆ ਹਾਂ। ੨।

ਹੁਣ ਅੰਦਰੋਂ ਹੀ ਮੈਨੂੰ ਆਪੇ ਦੀ ਸੂਝ ਪੈ ਗਈ ਹੈ,ਮੇਰੀ ਜੋਤ ਰੱਬੀ-ਜੋਤ ਵਿਚ ਰਲ ਗਈ ਹੈ। ਹੇ ਕਬੀਰ! ਆਖ—ਹੁਣ ਮੈਂ ਗੋਬਿੰਦ ਨਾਲ ਜਾਣ-ਪਛਾਣ ਪਾ ਲਈ ਹੈ, ਮੇਰਾ ਮਨ ਗੋਬਿੰਦ ਨਾਲ ਗਿੱਝ ਗਿਆ ਹੈ। ੩। ੧੧।

ਸ਼ਬਦ ਦਾ ਭਾਵ :—ਜਿਤਨਾ ਚਿਰ ਸਰੀਰ ਨਾਲ ਮੋਹ ਹੈ, ਦੇਹ-ਅੱਧਿਆਸ ਹੈ, ਉਤਨਾ ਚਿਰ ਮਨ ਵਿਚ ਖਿੱਝ ਪੈਦਾ ਹੋਣ ਦੇ ਕਾਰਨ ਬਣਦੇ ਹੀ ਰਹਿੰਦੇ ਹਨ, ਮੱਥੇ ਵੱਟ ਪੈਂਦੇ ਹੀ ਰਹਿੰਦੇ ਹਨ। ਪਰ ਗੁਰੂ ਦੀ ਸ਼ਰਨ ਪੈ ਕੇ ਨਾਮ ਜਪਿਆਂ ਇਹ ਤ੍ਰਿਊੜੀ ਮੁੱਕ ਜਾਂਦੀ ਹੈ।

ਬਿਲਾਵਲੁ ॥ ਚਰਨ ਕਮਲ ਜਾ ਕੈ ਰਿਦੈ ਬਸਹਿ, ਸੋ ਜਨੁ ਕਿਉ ਡੋਲੈ ਦੇਵ ॥ ਮਾਨੌ ਸਭ ਸੁਖ ਨਉ ਨਿਧਿ ਤਾ ਕੈ, ਸਹਜਿ ਸਹਜਿ ਜਸੁ ਬੋਲੈ ਦੇਵ ॥ ਰਹਾਉ ॥ ਤਬ ਇਹ ਮਤਿ ਜਉ ਸਭ ਮਹਿ ਪੇਖੈ ਕੁਟਿਲ ਗਾਂਠਿ ਜਬ ਖੋਲੈ ਦੇਵ ॥ ਬਾਰੰ ਬਾਰ ਮਾਇਆ ਤੇ ਅਟਕੈ, ਲੈ ਨਰਜਾ ਮਨੁ ਤੋਲੈ ਦੇਵ ॥

੧ ॥ ਜਹ ਉਹੁ ਜਾਇ ਤਹੀ ਸੁਖੁ ਪਾਵੈ, ਮਾਇਆ ਤਾਸੁ ਨ ਝੋਲੈ ਦੇਵ॥ਕਹਿ ਕਬੀਰ ਮੇਰਾ ਮਨੁ ਮਾਨਿਆ, ਰਾਮ ਪ੍ਰੀਤਿ ਕੀਓ ਲੈ ਦੇਵ ॥ ੨ ॥ ੧੨ ॥

[ਪੰਨਾ ੮੫੮]

ਪਦ ਅਰਥ :–ਕਿਉ ਡੋਲੈ–ਨਹੀਂ ਡੋਲਦਾ, ਮਾਇਆ ਦੇ ਹੱਥਾਂ ਤੇ ਨਹੀਂ ਨੱਚਦਾ। ਦੇਵ–ਹੇ ਪ੍ਰਭੂ ! ਮਾਨੌ–ਇਉਂ ਸਮਝ ਲਵੋ। ਨਿਧਿ–ਖ਼ਜ਼ਾਨਾ। ਤਾ ਕੈ–ਉਸ ਦੇ ਪਾਸ ਹਨ। ਸਹਜਿ–ਸਹਿਜ ਅਵਸਥਾ ਵਿਚ। ਜਸੁ–ਵਡਿਆਈ, ਗੁਣ। ਰਹਾਉ।

ਪੇਖੈ–ਵੇਖਦਾ ਹੈ। ਕੁਟਿਲ–ਵਿੰਗੀ। ਗਾਂਠਿ–ਗੰਢ। ਅਟਕੈ–(ਮਨ ਨੂੰ) ਰੋਕਦਾ ਹੈ। ਨਰਜਾ–ਤੱਕੜੀ। ੧।

ਜਹ–ਜਿੱਥੇ। ਤਾਸੁ–ਉਸ ਨੂੰ। ਝੋਲੈ–ਡੁਲਾਉਂਦੀ, ਭਰਮਾਉਂਦੀ। ਲੈ–ਲੀਨ। ਕੀਓ–ਕਰ ਦਿੱਤਾ ਹੈ। ੨।

ਅਰਥ :–ਹੇ ਦੇਵ ! ਜਿਸ ਮਨੁੱਖ ਦੇ ਹਿਰਦੇ ਵਿਚ ਤੇਰੇ ਸੁਹਣੇ ਚਰਨ ਵੱਸਦੇ ਹਨ, ਉਹ ਮਾਇਆ ਦੇ ਹੱਥਾਂ ਤੇ ਨਹੀਂ ਨੱਚਦਾ, ਉਹ ਅਡੋਲ ਅਵਸਥਾ ਵਿਚ ਟਿਕਿਆ ਰਹਿ ਕੇ ਤੇਰੀ ਸਿਫ਼ਤਿ-ਸਲਾਹ ਕਰਦਾ ਹੈ। ਉਸ ਦੇ ਅੰਦਰ, ਮਾਨੋ, ਸਾਰੇ ਸੁਖ ਤੇ ਜਗਤ ਦੇ ਨੌਂ ਹੀ ਖ਼ਜ਼ਾਨੇ ਆ ਜਾਂਦੇ ਹਨ। ਰਹਾਉ।

(ਸਿਮਰਨ ਦੀ ਬਰਕਤ ਨਾਲ) ਜਦੋਂ ਮਨੁੱਖ ਆਪਣੇ ਅੰਦਰੋਂ ਵਿੰਗੀ-ਟੇਢੀ ਘੁੰਡੀ (ਭਾਵ, ਖੋਟ) ਕੱਢਦਾ ਹੈ, ਤਾਂ ਉਸ ਦੇ ਅੰਦਰ ਇਹ ਮੱਤ ਉਪਜਦੀ ਹੈ ਕਿ ਉਸ ਨੂੰ ਹਰ ਥਾਂ ਪ੍ਰਭੂ ਹੀ ਦਿੱਸਦਾ ਹੈ। ਉਹ ਮਨੁੱਖ ਮੁੜ ਮੁੜ ਆਪਣੇ ਮਨ ਨੂੰ ਮਾਇਆ ਵਲੋਂ ਰੋਕਦਾ ਹੈ, ਤੇ ਤੱਕੜੀ ਲੈ ਕੇ ਤੋਲਦਾ ਰਹਿੰਦਾ ਹੈ (ਭਾਵ,ਮਨ ਦੇ ਔਗੁਣਾਂ ਨੂੰ ਪੜਤਾਲਦਾ ਰਹਿੰਦਾ ਹੈ। ੧।

ਜਿੱਥੇ ਭੀ ਉਹ ਮਨੁੱਖ ਜਾਂਦਾ ਹੈ, ਉੱਥੇ ਹੀ ਸੁਖ ਪਾਂਦਾ ਹੈ, ਉਸ ਨੂੰ ਮਾਇਆ ਭਰਮਾਂਦੀ ਨਹੀਂ। ਕਬੀਰ ਆਖਦਾ ਹੈ–ਮੈਂ ਭੀ ਆਪਣੇ ਮਨ ਨੂੰ ਪ੍ਰਭੂ ਦੀ ਪ੍ਰੀਤਿ ਵਿਚ ਲੀਨ ਕਰ ਦਿੱਤਾ ਹੈ, ਹੁਣ ਇਹ ਮੇਰਾ ਮਨ ਪ੍ਰਭੂ ਨਾਲ ਪਤੀਜ ਗਿਆ ਹੈ।੨।੧੨।

ਸ਼ਬਦ ਦਾ ਭਾਵ : ਪ੍ਰਭੂ-ਚਰਨਾਂ ਵਿਚ ਚਿੱਤ ਜੋੜਿਆਂ ਮਨੁੱਖ ਦਾ ਮਨ ਮਾਇਆ ਦੇ ਹੱਥਾਂ ਤੇ ਨਹੀਂ ਨੱਚਦਾ। ਉਸ ਨੂੰ ਮਾਇਆ ਦੀ ਪਰਵਾਹ ਹੀ ਨਹੀਂ ਰਹਿੰਦੀ।

ੴ ਸਤਿਗੁਰ ਪ੍ਰਸਾਦਿ ॥

ਬਿਲਾਵਲੁ ਬਾਣੀ ਭਗਤ ਨਾਮਦੇਵ ਜੀ ਕੀ

ਸਫਲ ਜਨਮੁ ਮੋ ਕਉ ਗੁਰ ਕੀਨਾ ॥ ਦੁਖ ਬਿਸਾਰਿ ਸੁਖ ਅੰਤਰਿ ਲੀਨਾ ॥ ੧ ॥ ਗਿਆਨ ਅੰਜਨੁ ਮੋ ਕਉ ਗੁਰਿ ਦੀਨਾ॥ ਰਾਮ ਨਾਮ ਬਿਨੁ ਜੀਵਨੁ ਮਨ ਹੀਨਾ ॥੧॥ ਰਹਾਉ ॥ ਨਾਮਦੇਇ ਸਿਮਰਨੁ ਕਰਿ ਜਾਨਾਂ ॥ ਜਗਜੀਵਨ ਸਿਉ ਜੀਉ ਸਮਾਨਾਂ ॥ ੨ ॥ ੧ ॥ [ਪੰਨਾ ੮੫੭]

ਪਦ ਅਰਥ :—ਮੋ ਕਉ—ਮੈਨੂੰ । ਸਫਲ ਜਨਮੁ—ਉਹ ਮਨੁੱਖ ਜਿਸ ਦਾ ਜਨਮ ਸਫਲਾ ਹੋ ਗਿਆ ਹੈ, ਉਹ ਮਨੁੱਖ ਜਿਸ ਨੇ ਮਨੁੱਖਾ ਜੀਵਨ ਦਾ ਮਨੋਰਥ ਹਾਸਲ ਕਰ ਲਿਆ ਹੈ । ਸੁਖ ਅੰਤਰਿ—ਸੁਖ ਵਿਚ । ਬਿਸਾਰਿ—ਭੁਲਾ ਕੇ । ੧ ।

ਅੰਜਨੁ—ਸੁਰਮਾ । ਗੁਰਿ—ਗੁਰੂ ਨੇ । ਮਨ—ਹੇ ਮਨ ! ਹੀਨਾ—ਤੁੱਛ, ਨਕਾਰਾ ।੧। ਰਹਾਉ ।

ਨਾਮਦੇਇ—ਨਾਮਦੇਉ ਨੇ । ਕਰਿ—ਕਰ ਕੇ । ਜਾਨਾਂ—ਜਾਣ ਲਿਆ ਹੈ, ਪਛਾਣ ਲਿਆ ਹੈ । ਸਿਉ—ਨਾਲ । ਜੀਉ—ਜਿੰਦ । ਸਮਾਨਾਂ—ਲੀਨ ਹੋ ਗਈ ਹੈ । ੨ ।

ਅਰਥ :—ਮੈਨੂੰ ਮੇਰੇ ਸਤਿਗੁਰੂ ਨੇ ਸਫਲ ਜੀਵਨ ਵਾਲਾ ਬਣਾ ਦਿੱਤਾ ਹੈ,ਮੈਂ ਹੁਣ (ਜਗਤ ਦੇ ਸਾਰੇ) ਦੁੱਖ ਭੁਲਾ ਕੇ (ਆਤਮਕ) ਸੁਖ ਵਿਚ ਲੀਨ ਹੋ ਗਿਆ ਹਾਂ । ੧ ।

ਮੈਨੂੰ ਸਤਿਗੁਰੂ ਨੇ ਆਪਣੇ ਗਿਆਨ ਦਾ (ਐਸਾ) ਸੁਰਮਾ ਦਿੱਤਾ ਹੈ ਕਿ ਹੇ ਮਨ ! ਹੁਣ ਪ੍ਰਭੂ ਦੀ ਬੰਦਗੀ ਤੋਂ ਬਿਨਾ ਜੀਊਣਾ ਵਿਅਰਥ ਜਾਪਦਾ ਹੈ । ੧ । ਰਹਾਉ ।

ਮੈਂ ਨਾਮਦੇਵ ਨੇ ਪ੍ਰਭੂ ਦਾ ਭਜਨ ਕਰ ਕੇ ਪ੍ਰਭੂ ਨਾਲ ਸਾਂਝ ਪਾ ਲਈ ਹੈ ਤੇ ਜਗਤ-ਦੇ-ਆਸਰੇ ਪ੍ਰਭੂ ਵਿਚ ਮੇਰੀ ਜਿੰਦ ਲੀਨ ਹੋ ਗਈ ਹੈ । ੨ । ੧ ।

ਸ਼ਬਦ ਦਾ ਭਾਵ :—ਸਿਮਰਨ ਨਾਲ ਹੀ ਜਨਮ ਸਫ਼ਲ ਹੁੰਦਾ ਹੈ । ਇਹ ਦਾਤ ਗੁਰੂ ਤੋਂ ਮਿਲਦੀ ਹੈ ।

--o--

ੴ ਸਤਿਗੁਰ ਪ੍ਰਸਾਦਿ ॥

ਬਿਲਾਵਲੁ ਬਾਣੀ ਰਵਿਦਾਸ ਭਗਤ ਕੀ

ਦਾਰਿਦੁ ਦੇਖਿ ਸਭੁ ਕੋ ਹਸੈ, ਐਸੀ ਦਸਾ ਹਮਾਰੀ ॥ ਅਸਟ ਦਸਾ ਸਿਧਿ ਕਰ ਤਲੈ, ਸਭ ਕ੍ਰਿਪਾ ਤੁਮਾਰੀ ॥ ੧ ॥ ਤੂ ਜਾਨਤ ਮੈ ਕਿਛੁ ਨਹੀ, ਭਵਖੰਡਨ ਰਾਮ ॥ ਸਗਲ ਜੀਅ ਸਰਨਾਗਤੀ, ਪ੍ਰਭ ਪੂਰਨ ਕਾਮ ॥ ੧ ॥ ਰਹਾਉ ॥ ਜੋ ਤੇਰੀ ਸਰਨਾਗਤਾ, ਤਿਨ ਨਾਹੀ ਭਾਰੁ ॥ ਊਚ ਨੀਚ ਤੁਮ ਤੇ ਤਰੇ ਆਲਜੁ ਸੰਸਾਰੁ ॥ ੨ ॥ ਕਹਿ ਰਵਿਦਾਸ ਅਕਥ ਕਥਾ, ਬਹੁ ਕਾਇ ਕਰੀਜੈ ॥ ਜੈਸਾ ਤੂ ਤੈਸਾ ਤੁਹੀ, ਕਿਆ ਉਪਮਾ ਦੀਜੈ ॥ ੩ ॥੧॥ [੮੫੮]

ਪਦ ਅਰਥ :–ਦਾਰਿਦੁ–ਗਰੀਬੀ। ਸਭੁ ਕੋ–ਹਰੇਕ ਬੰਦਾ। ਹਸੈ–ਮਖ਼ੌਲ ਕਰਦਾ ਹੈ। ਦਸਾ–ਦਸ਼ਾ, ਹਾਲਤ। ਅਸਟ ਦਸਾ–ਅਠਾਰ੍ਹਾਂ [ਅੱਠ ਤੇ ਦਸ]। ਕਰ ਤਲੈ–ਹੱਥ ਦੀ ਤਲੀ ਉਤੇ, ਇਖ਼ਤਿਆਰ ਵਿਚ। ੧।

ਮੈ ਕਿਛੁ ਨਹੀ–ਮੇਰੀ ਕੋਈ ਪਾਂਇਆਂ ਨਹੀਂ। ਭਵਖੰਡਨ–ਹੇ ਜਨਮ ਮਰਨ ਨਾਸ ਕਰਨ ਵਾਲੇ ! ਜੀਅ–ਜੀਵ। ਪੂਰਨ ਕਾਮ–ਹੇ ਸਭ ਦੀ ਕਾਮਨਾ ਪੂਰਨ ਕਰਨ ਵਾਲੇ ! ੧। ਰਹਾਉ।

ਸਰਨਾਗਤਾ–ਸਰਨ ਆਏ ਹਨ। ਭਾਰੁ–ਬੋਝ (ਵਿਕਾਰਾਂ ਦਾ)। ਤੁਮ ਤੇ–ਤੇਰੀ ਮਿਹਰ ਨਾਲ। ਤੇ–ਤੋਂ। ਆਲਜੁ–[ਨੋਟ ! ਇਸ ਲਫ਼ਜ਼ ਦੇ ਦੋ ਹਿੱਸੇ 'ਆਲ' ਅਤੇ 'ਜੁ' ਕਰਨੇ ਠੀਕ ਨਹੀਂ, ਵਖੋ ਵਖ ਕਰ ਕੇ ਪਾਠ ਕਰਨਾ ਹੀ ਅਸੰਭਵ ਹੋ ਜਾਂਦਾ ਹੈ। 'ਆਲਜੁ' ਦਾ ਅਰਥ 'ਅਲਜੁ' ਕਰਨਾ ਭੀ ਠੀਕ ਨਹੀਂ; 'ਆ' ਅਤੇ 'ਅ' ਵਿਚ ਬੜਾ ਫ਼ਰਕ ਹੈ। ਬਾਣੀ ਵਿਚ 'ਅਲਜੁ' ਲਫ਼ਜ਼ ਨਹੀਂ, 'ਨਿਰਲਜ' ਲਫ਼ਜ਼ ਹੀ ਆਇਆ ਹੈ। ਆਮ ਬੋਲੀ ਵਿਚ ਅਸੀ ਆਖਦੇ ਭੀ 'ਨਿਰਲਜ' ਹੀ ਹਾਂ] ਆਲ+ਜੁ। ਆਲ–ਆਲਯ, ਆਲਾ, ਘਰ, ਗ੍ਰਿਹਸਤ ਦਾ ਜੰਜਾਲ। ਆਲਜੁ–ਗ੍ਰਿਹਸਤ ਦੇ ਜੰਜਾਲਾਂ ਤੋਂ ਪੈਦਾ ਹੋਇਆ, ਜੰਜਾਲਾਂ ਨਾਲ ਭਰਿਆ ਹੋਇਆ। ੨।

ਅਕਥ–ਅ+ਕਥ, ਬਿਆਨ ਤੋਂ ਪਰੇ। ਬਹੁ–ਬਹੁਤ ਗੱਲ। ਕਾਇ–ਕਾਹਦੇ ਲਈ ? ਉਪਮਾ–ਤਸ਼ਬੀਹ, ਬਰਾਬਰੀ, ਤੁਲਨਾ। ੩।

ਅਰਥ :–ਹੇ ਜੀਵਾਂ ਦੇ ਜਨਮ-ਮਰਨ ਦਾ ਗੇੜ ਨਾਸ ਕਰਨ ਵਾਲੇ ਰਾਮ ! ਹੇ ਸਭ ਦੀ ਕਾਮਨਾ ਪੂਰੀ ਕਰਨ ਵਾਲੇ ਪ੍ਰਭੂ ! ਸਾਰੇ ਜੀਆ ਜੰਤ ਤੇਰੀ ਹੀ ਸਰਨ ਆਉਂਦੇ ਹਨ

(ਮੈਂ ਗ਼ਰੀਬ ਭੀ ਤੇਰੀ ਹੀ ਸ਼ਰਨ ਹਾਂ) ਤੂੰ ਜਾਣਦਾ ਹੈਂ ਕਿ ਮੇਰੀ ਆਪਣੀ ਕੋਈ ਪਾਂਇਆਂ ਨਹੀਂ ਹੈ। ੧। ਰਹਾਉ।

ਹਰੇਕ ਬੰਦਾ (ਕਿਸੇ ਦੀ) ਗ਼ਰੀਬੀ ਵੇਖ ਕੇ ਮਖ਼ੌਲ ਕਰਦਾ ਹੈ, (ਤੇ) ਇਹੋ ਜਿਹੀ ਹਾਲਤ ਹੀ ਮੇਰੀ ਭੀ ਸੀ (ਕਿ ਲੋਕ ਮੇਰੀ ਗ਼ਰੀਬੀ ਤੇ ਠੱਠੇ ਕਰਿਆ ਕਰਦੇ ਸਨ), ਪਰ ਹੁਣ ਅਠਾਰਾਂ ਸਿੱਧੀਆਂ ਮੇਰੇ ਹੱਥ ਦੀ ਤਲੀ ਉੱਤੇ (ਨੱਚਦੀਆਂ) ਹਨ; ਹੇ ਪ੍ਰਭੂ! ਇਹ ਸਾਰੀ ਤੇਰੀ ਹੀ ਮਿਹਰ ਹੈ। ੧।

ਉੱਚੀ ਜਾਤਿ ਵਾਲੇ ਹੋਣ, ਚਾਹੇ ਨੀਵੀਂ ਜਾਤਿ ਦੇ, ਜੋ ਜੋ ਭੀ ਤੇਰੀ ਸ਼ਰਨ ਆਉਂਦੇ ਹਨ, ਉਹਨਾਂ (ਦੀ ਆਤਮਾ) ਉੱਤੇ (ਵਿਕਾਰਾਂ ਦਾ) ਭਾਰ ਨਹੀਂ ਰਹਿ ਜਾਂਦਾ, ਇਸ ਵਾਸਤੇ ਉਹ ਤੇਰੀ ਮਿਹਰ ਨਾਲ ਇਸ ਬਖੇੜਿਆਂ-ਭਰੇ ਸੰਸਾਰ (-ਸਮੁੰਦਰ) ਵਿਚੋਂ (ਸੌਖੇ ਹੀ) ਲੰਘ ਜਾਂਦੇ ਹਨ। ੨।

ਰਵਿਦਾਸ ਆਖਦਾ ਹੈ—ਹੇ ਪ੍ਰਭੂ! ਤੇਰੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ (ਤੂੰ ਕੰਗਾਲਾਂ ਨੂੰ ਭੀ ਸ਼ਹਨਸ਼ਾਹ ਬਣਾਉਣ ਵਾਲਾ ਹੈਂ), ਭਾਵੇਂ ਕਿਤਨਾ ਜਤਨ ਕਰੀਏ, ਤੇਰੇ ਗੁਣ ਕਹੇ ਨਹੀਂ ਜਾ ਸਕਦੇ; ਆਪਣੇ ਵਰਗਾ ਤੂੰ ਆਪ ਹੀ ਹੈਂ; (ਜਗਤ) ਵਿਚ ਕੋਈ ਐਸਾ ਨਹੀਂ ਜਿਸ ਨੂੰ ਤੇਰੇ ਵਰਗਾ ਕਿਹਾ ਜਾ ਸਕੇ। ੩। ੧।

ਭਾਵ : ਪਰਮਾਤਮਾ ਦਾ ਸਿਮਰਨ ਨੀਵਿਆਂ ਨੂੰ ਭੀ ਉੱਚੇ ਕਰ ਦੇਂਦਾ ਹੈ।

ਬਿਲਾਵਲੁ ॥ ਜਿਹ ਕੁਲ ਸਾਧੁ ਬੈਸਨੌ ਹੋਇ ॥ ਬਰਨ ਅਬਰਨ ਰੰਕੁ ਨਹੀ ਈਸੁਰੁ, ਬਿਮਲ ਬਾਸੁ ਜਾਨੀਐ ਜਗਿ ਸੋਇ ॥੧॥ ਰਹਾਉ ॥ ਬ੍ਰਹਮਨ ਬੈਸ ਸੂਦ ਅਰੁ ਖ੍ਯ੍ਰਤ੍ਰੀ, ਡੋਮ ਚੰਡਾਰ ਮਲੇਛ ਮਨ ਸੋਇ ॥ ਹੋਇ ਪੁਨੀਤ ਭਗਵੰਤ ਭਜਨ ਤੇ, ਆਪੁ ਤਾਰਿ ਤਾਰੇ ਕੁਲ ਦੋਇ ॥ ੧ ॥ ਧੰਨਿ ਸੁ ਗਾਉ ਧੰਨਿ ਸੋ ਠਾਉ, ਧੰਨਿ ਪੁਨੀਤ ਕੁਟੰਬ ਸਭ ਲੋਇ ॥ ਜਿਨਿ ਪੀਆ ਸਾਰ ਰਸੁ, ਤਜੇ ਆਨ ਰਸ, ਹੋਇ ਰਸ ਮਗਨ, ਡਾਰੇ ਬਿਖੁ ਖੋਇ ॥੨॥ ਪੰਡਿਤ ਸੂਰ ਛਤ੍ਰਪਤਿ ਰਾਜਾ, ਭਗਤ ਬਰਾਬਰਿ ਅਉਰੁ ਨ ਕੋਇ ॥ ਜੈਸੇ ਪੁਰੈਨ ਪਾਤ ਰਹੈ ਜਲ ਸਮੀਪ, ਭਨਿ ਰਵਿਦਾਸ ਜਨਮੇ ਜਗਿ ਓਇ ॥ ੩ ॥ ੨ ॥
[ਪੰਨਾ ੮੫੮]

ਪਦ ਅਰਥ :—ਜਿਹ ਕੁਲ—ਜਿਸ ਕਿਸੇ ਭੀ ਕੁਲ ਵਿਚ। ਬੈਸਨੌ—ਪਰਮਾਤਮਾ ਦਾ ਭਗਤ। ਹੋਇ—ਜੰਮ ਪਏ। ਬਰਨ—ਉੱਚੀ ਜਾਤ। ਅਬਰਨ—ਨੀਵੀਂ ਜਾਤ। ਰੰਕੁ—ਗ਼ਰੀਬ। ਈਸੁਰੁ—ਧਨਾਢ, ਅਮੀਰ। ਬਿਮਲ ਬਾਸੁ—ਨਿਰਮਲ ਸੋਭਾ ਵਾਲਾ। ਬਾਸੁ—ਸੁਗੰਧੀ, ਚੰਗੀ ਸੋਭਾ। ਜਗਿ—ਜਗਤ ਵਿਚ। ਸੋਇ—ਉਹ ਮਨੁੱਖ। ੧। ਰਹਾਉ।

ਡੋਮ—ਡੂਮ, ਮਿਰਾਸੀ। ਮਲੇਛ ਮਨ—ਮਲੀਨ ਮਨ ਵਾਲਾ। ਆਪੁ—ਆਪਣੇ ਆਪ

ਨੂੰ। ਤਾਰਿ–ਤਾਰ ਕੇ। ਦੋਇ–ਦੋਵੇਂ। ੧।

ਧੰਨਿ–ਭਾਗਾਂ ਵਾਲਾ। ਗਾਉ–ਪਿੰਡ। ਠਾਉ–ਥਾਂ। ਲੋਇ–ਜਗਤ ਵਿਚ। ਜਿਨਿ –ਜਿਸਿ ਨੇ। ਸਾਰ–ਸ੍ਰੇਸ਼ਟ। ਤਜੇ–ਤਿਆਗੇ। ਆਨ–ਹੋਰ। ਮਗਨ–ਮਸਤ। ਬਿਖੁ–ਜ਼ਹਿਰ। ਖੋਇ ਡਾਰੇ–ਨਾਸ ਕਰ ਦਿੱਤਾ। ੨।

ਸੂਰ–ਸੂਰਮਾ। ਛਤ੍ਰਪਤਿ–ਛੱਤਰਧਾਰੀ। ਪੁਰੈਨ ਪਾਤ–ਚੁਪੱਤੀ। ਸਮੀਪ–ਨੇੜੇ। ਰਹੈ–ਰਹਿ ਸਕਦੀ ਹੈ, ਜੀਊ ਸਕਦੀ ਹੈ। ਭਨਿ–ਭਨੈ, ਆਖਦਾ ਹੈ। ਜਨਮੇ–ਜੰਮੇ ਹਨ। ਜਨਮੇ ਓਇ–ਉਹੀ ਜੰਮੇ ਹਨ, ਉਹਨਾਂ ਦਾ ਹੀ ਜੰਮਣਾ ਸਫਲ ਹੈ। ਓਇ–[ਲਫ਼ਜ਼ 'ਓਹ' ਤੋਂ ਬਹੁ ਵਚਨ] ਉਹ ਬੰਦੇ। ੩।

ਅਰਥ :–ਜਿਸ ਕਿਸੇ ਭੀ ਕੁਲ ਵਿਚ ਪਰਮਾਤਮਾ ਦਾ ਭਗਤ ਜੰਮ ਪਏ, ਚਾਹੇ ਉਹ ਚੰਗੀ ਜਾਤ ਦਾ ਹੈ ਚਾਹੇ ਨੀਵੀਂ ਜਾਤ ਦਾ, ਚਾਹੇ ਕੰਗਾਲ ਹੈ ਚਾਹੇ ਧਨਾਢ, (ਉਸ ਦੀ ਜਾਤ ਤੇ ਧਨ ਆਦਿਕ ਦਾ ਜ਼ਿਕਰ ਹੀ) ਨਹੀਂ (ਛਿੜਦਾ), ਉਹ ਜਗਤ ਵਿਚ ਨਿਰ-ਮਲ ਸੋਭਾ ਵਾਲਾ ਮਸ਼ਹੂਰ ਹੁੰਦਾ ਹੈ। ੧। ਰਹਾਉ।

ਕੋਈ ਬ੍ਰਾਹਮਣ ਹੋਵੇ, ਖੱਤ੍ਰੀ ਹੋਵੇ, ਡੂਮ ਚੰਡਾਲ ਜਾਂ ਮਲੀਨ ਮਨ ਵਾਲਾ ਹੋਵੇ, ਪਰ-ਮਾਤਮਾ ਦੇ ਭਜਨ ਨਾਲ ਮਨੁੱਖ ਪਵਿਤ੍ਰ ਹੋ ਜਾਂਦਾ ਹੈ; ਉਹ ਆਪਣੇ ਆਪ ਨੂੰ (ਸੰਸਾਰ-ਸਮੁੰਦਰ ਤੋਂ) ਤਾਰ ਕੇ ਆਪਣੀਆਂ ਦੋਵੇਂ ਕੁਲਾਂ ਭੀ ਤਾਰ ਲੈਂਦਾ ਹੈ।੧।

ਸੰਸਾਰ ਵਿਚ ਉਹ ਪਿੰਡ ਮੁਬਾਰਿਕ ਹੈ, ਉਹ ਥਾਂ ਧੰਨ ਹੈ, ਉਹ ਪਵਿਤ੍ਰ ਕੁਲ ਭਾਗਾਂ ਵਾਲੀ ਹੈ, (ਜਿਸ ਵਿਚ ਜੰਮ ਕੇ) ਕਿਸੇ ਨੇ ਪਰਮਾਤਮਾ ਦੇ ਨਾਮ ਦਾ ਸ੍ਰੇਸ਼ਟ ਰਸ ਪੀਤਾ ਹੈ, ਹੋਰ(ਮੰਦੇ)ਰਸ ਛਡੇ ਹਨ, ਤੇ, ਪ੍ਰਭੂ ਦੇ ਨਾਮ-ਰਸ ਵਿਚ ਮਸਤ ਹੋ ਕੇ (ਵਿਕਾਰ-ਵਾਸ਼ਨਾ ਦਾ) ਜ਼ਹਿਰ (ਆਪਣੇ ਅੰਦਰੋਂ) ਨਾਸ ਕਰ ਦਿੱਤਾ ਹੈ। ੨।

ਭਾਰਾ ਵਿਦਵਾਨ ਹੋਵੇ ਚਾਹੇ ਸੂਰਮਾ, ਚਾਹੇ ਛੱਤਰਪਤੀ ਰਾਜਾ ਹੋਵੇ, ਕੋਈ ਭੀ ਮਨੁੱਖ ਪਰਮਾਤਮਾ ਦੇ ਭਗਤ ਦੇ ਬਰਾਬਰ ਦਾ ਨਹੀਂ ਹੋ ਸਕਦਾ। ਰਵਿਦਾਸ ਆਖਦਾ ਹੈ –ਭਗਤਾਂ ਦਾ ਹੀ ਜੰਮਣਾ ਜਗਤ ਵਿਚ ਮੁਬਾਰਿਕ ਹੈ (ਉਹ ਪ੍ਰਭੂ ਦੇ ਚਰਨਾਂ ਵਿਚ ਰਹਿ ਕੇ ਹੀ ਜੀਊ ਸਕਦੇ ਹਨ), ਜਿਵੇਂ ਚੁਪੱਤੀ ਪਾਣੀ ਦੇ ਨੇੜੇ ਰਹਿ ਕੇ ਹੀ (ਹਰੀ) ਰਹਿ ਸਕਦੀ ਹੈ। ੩। ੨।

ਭਾਵ : ਸਿਮਰਨ ਨੀਵਿਆਂ ਨੂੰ ਉੱਚਾ ਕਰ ਦੇਂਦਾ ਹੈ।

ੴ ਸਤਿਗੁਰ ਪ੍ਰਸਾਦਿ ॥

ਬਾਣੀ ਸਧਨੇ ਕੀ ਰਾਗੁ ਬਿਲਾਵਲੁ ॥

ਨ੍ਰਿਪ ਕੰਨਿਆ ਕੇ ਕਾਰਨੈ, ਇਕੁ ਭਇਆ ਭੇਖਧਾਰੀ ॥ ਕਾਮਾਰਥੀ ਸੁਆਰਥੀ, ਵਾ ਕੀ ਪੈਜ ਸਵਾਰੀ ॥ ੧ ॥ ਤਵ ਗੁਨ ਕਹਾ ਜਗਤ ਗੁਰਾ, ਜਉ ਕਰਮੁ ਨ ਨਾਸੈ ॥ ਸਿੰਘ ਸਰਨ ਕਤ ਜਾਈਐ, ਜਉ ਜੰਬੁਕੁ ਗ੍ਰਾਸੈ ॥ ੧ ॥ ਰਹਾਉ ॥ ਏਕ ਬੂੰਦ ਜਲ ਕਾਰਨੇ, ਚਾਤ੍ਰਿਕੁ ਦੁਖੁ ਪਾਵੈ ॥ ਪ੍ਰਾਨ ਗਏ ਸਾਗਰੁ ਮਿਲੈ, ਫੁਨਿ ਕਾਮਿ ਨ ਆਵੈ ॥ ੨ ॥ ਪ੍ਰਾਨ ਜੁ ਥਾਕੇ ਥਿਰੁ ਨਹੀ, ਕੈਸੇ ਬਿਰਮਾਵਉ ॥ ਬੂਡਿ ਮੂਏ ਨਉਕਾ ਮਿਲੈ, ਕਹੁ ਕਾਹਿ ਚਢਾਵਉ ॥ ੩ ॥ ਮੈ ਨਾਹੀ ਕਛੁ ਹਉ ਨਹੀ, ਕਿਛੁ ਆਹਿ ਨ ਮੋਰਾ ॥ ਅਉਸਰ ਲਜਾ ਰਾਖਿ ਲੇਹੁ, ਸਧਨਾ ਜਨੁ ਤੋਰਾ ॥ ੪ ॥ ੧ ॥ [ਪੰਨਾ ੮੫੮]

ਪਦ ਅਰਥ :—ਨ੍ਰਿਪ—ਰਾਜਾ। ਕੇ ਕਾਰਨੈ—ਦੀ ਖ਼ਾਤਰ। ਭੇਖਧਾਰੀ—ਭੇਖ ਧਾਰਨ ਵਾਲਾ, ਸਿਰਫ਼ ਧਾਰਮਿਕ ਲਿਬਾਸ ਵਾਲਾ, ਜਿਸ ਨੇ ਲੋਕ-ਵਿਖਾਵੇ ਖ਼ਾਤਰ ਬਾਹਰ ਧਾਰਮਿਕ ਚਿਹਨ ਰੱਖੇ ਹੋਏ ਹੋਣ ਪਰ ਅੰਦਰ ਧਰਮ ਵਲੋਂ ਕੋਰਾ ਹੋਵੇ। ਕਾਮਾਰਥੀ—ਕਾਮੀ, ਕਾਮ-ਵਾਸ਼ਨਾ ਪੂਰੀ ਕਰਨ ਦਾ ਚਾਹਵਾਨ। ਸੁਆਰਥੀ—ਖ਼ੁਦਗ਼ਰਜ਼। ਵਾ ਕੀ—ਉਸ ਭੇਖ-ਧਾਰੀ ਦੀ। ਪੈਜ ਸਵਾਰੀ—ਲਾਜ ਰੱਖੀ, ਵਿਕਾਰਾਂ ਵਿਚ ਡਿੱਗਣ ਤੋਂ ਬਚਾ ਲਿਆ। ੧।

ਤਵ—ਤੇਰੇ। ਕਹਾ—ਕਿੱਥੇ? ਜਗਤ ਗੁਰਾ—ਹੇ ਜਗਤ ਦੇ ਗੁਰੂ! ਜਉ—ਜੇ। ਕਰਮੁ—ਕੀਤੇ ਕਰਮਾਂ ਦਾ ਫਲ। ਕਤ—ਕਾਹਦੇ ਲਈ? ਜੰਬੁਕੁ—ਗਿੱਦੜ। ਗ੍ਰਾਸੈ—ਖਾ ਜਾਏ। ੧। ਰਹਾਉ।

ਬੂੰਦ ਜਲ—ਜਲ ਦੀ ਬੂੰਦ। ਚਾਤ੍ਰਿਕੁ—ਪਪੀਹਾ। ਪ੍ਰਾਨ ਗਏ—ਜਿੰਦ ਚਲੀ ਗਈ। ਸਾਗਰੁ—ਸਮੁੰਦਰ। ਫੁਨਿ—ਫਿਰ, ਪ੍ਰਾਣ ਚਲੇ ਜਾਣ ਤੋਂ ਪਿਛੋਂ। ੨।

ਬਿਰਮਾਵਉ—ਮੈਂ ਧੀਰਜ ਦਿਆਂ। ਬੂਡਿ ਮੂਏ—ਜੇ ਡੁੱਬ ਮੋਏ। ਨਉਕਾ—ਬੇੜੀ। ਕਾਹਿ—ਕਿਸ ਨੂੰ? ਚਢਾਵਉ—ਮੈਂ ਚੜ੍ਹਾਵਾਂਗਾ। ੩।

ਮੋਰਾ—ਮੇਰਾ। ਅਉਸਰ—ਸਮਾ। ਅਉਸਰ ਲਜਾ—ਲਾਜ ਰੱਖਣ ਦਾ ਸਮਾ ਹੈ। ਤੋਰਾ—ਤੇਰਾ। ੪।

ਅਰਥ :—ਹੇ ਜਗਤ ਦੇ ਗੁਰੂ ਪ੍ਰਭੂ! ਜੇ ਮੇਰੇ ਪਿਛਲੇ ਕੀਤੇ ਕਰਮਾਂ ਦਾ ਫਲ ਨਾਸ

ਨਾਂਹ ਹੋਇਆ (ਭਾਵ, ਜੇ ਮੈਂ ਪਿਛਲੇ ਕੀਤੇ ਮੰਦ ਕਰਮਾਂ ਦੇ ਸੰਸਕਾਰਾਂ ਅਨੁਸਾਰ ਹੁਣ ਭੀ ਮੰਦੇ ਕਰਮ ਕਰੀ ਹੀ ਗਿਆ) ਤਾਂ ਤੇਰੀ ਸ਼ਰਨ ਆਉਣ ਦਾ ਕੀਹ ਗੁਣ ਹੋਵੇਗਾ ? ਸ਼ੇਰ ਦੀ ਸ਼ਰਨ ਪੈਣ ਦਾ ਕੀਹ ਲਾਭ, ਜੇ ਫਿਰ ਭੀ ਗਿੱਦੜ ਖਾ ਜਾਏ ? ੧ । ਰਹਾਉ ।

ਹੇ ਪ੍ਰਭੂ ! ਤੂੰ ਉਸ ਕਾਮੀ ਤੇ ਖ਼ੁਦਗਰਜ਼ ਬੰਦੇ ਦੀ ਭੀ ਲਾਜ ਰੱਖੀ (ਭਾਵ, ਤੂੰ ਉਸ ਨੂੰ ਕਾਮ ਵਾਸ਼ਨਾ ਦੇ ਵਿਕਾਰ ਵਿਚ ਡਿੱਗਣ ਤੋਂ ਬਚਾਇਆ ਸੀ) ਜਿਸ ਨੇ ਇਕ ਰਾਜੇ ਦੀ ਲੜਕੀ ਦੀ ਖ਼ਾਤਰ (ਧਰਮ ਦਾ) ਭੇਖ ਧਾਰਿਆ ਸੀ । ੧ ।

ਪਪੀਹਾ ਜਲ ਦੀ ਇਕ ਬੂੰਦ ਵਾਸਤੇ ਦੁਖੀ ਹੁੰਦਾ ਹੈ (ਤੇ ਕੂਕਦਾ ਹੈ; ਪਰ ਉਡੀਕ ਵਿਚ ਹੀ) ਜੇ ਉਸ ਦੀ ਜਿੰਦ ਚਲੀ ਜਾਏ ਤਾਂ ਫਿਰ ਉਸ ਨੂੰ (ਪਾਣੀ ਦਾ) ਸਮੁੰਦਰ ਭੀ ਮਿਲੇ ਤਾਂ ਉਸ ਦੇ ਕਿਸੇ ਕੰਮ ਨਹੀਂ ਆ ਸਕਦਾ; (ਤਿਵੇਂ, ਹੇ ਪ੍ਰਭੂ ! ਜੇ ਤੇਰੇ ਨਾਮ-ਅੰਮ੍ਰਿਤ ਦੀ ਬੂੰਦ ਖੁਣੋਂ ਮੇਰੀ ਜਿੰਦ ਵਿਕਾਰਾਂ ਵਿਚ ਮਰ ਹੀ ਗਈ, ਤਾਂ ਫਿਰ ਤੇਰੀ ਮਿਹਰ ਦਾ ਸਮੁੰਦਰ ਮੇਰਾ ਕੀਹ ਸਵਾਰੇਗਾ ? । ੨ ।

(ਤੇਰੀ ਮਿਹਰ ਨੂੰ ਉਡੀਕ ਉਡੀਕ ਕੇ) ਮੇਰੀ ਜਿੰਦ ਥੱਕੀ ਹੋਈ ਹੈ, (ਵਿਕਾਰਾਂ ਵਿਚ) ਡੋਲ ਰਹੀ ਹੈ, ਇਸ ਨੂੰ ਕਿਸ ਤਰ੍ਹਾਂ ਵਿਕਾਰਾਂ ਵਲੋਂ ਰੋਕਾਂ ? ਹੇ ਪ੍ਰਭੂ ! ਜੇ ਮੈਂ (ਵਿਕਾਰਾਂ ਦੇ ਸਮੁੰਦਰ ਵਿਚ) ਡੁੱਬ ਹੀ ਗਿਆ, ਤੇ ਪਿਛੋਂ ਤੇਰੀ ਬੇੜੀ ਮਿਲੀ, ਤਾਂ, ਦੱਸ, ਉਸ ਬੇੜੀ ਵਿਚ ਮੈਂ ਕਿਸ ਨੂੰ ਚੜ੍ਹਾਵਾਂਗਾ ? ੩ ।

ਹੇ ਪ੍ਰਭੂ ! ਮੇਰੀ ਕੋਈ ਪਾਂਇਆਂ ਨਹੀਂ, ਮੇਰਾ ਹੋਰ ਕੋਈ ਆਸਰਾ ਨਹੀਂ; (ਇਹ ਮਨੁੱਖਾ ਜਨਮ ਹੀ) ਮੇਰੀ ਲਾਜ ਰੱਖਣ ਦਾ ਸਮਾ ਹੈ, ਮੈਂ ਸਧਨਾ ਤੇਰਾ ਦਾਸ ਹਾਂ, ਮੇਰੀ ਲਾਜ ਰੱਖ (ਤੇ ਵਿਕਾਰਾਂ ਦੇ ਸਮੁੰਦਰ ਵਿਚ ਡੁੱਬਣ ਤੋਂ ਮੈਨੂੰ ਬਚਾ ਲੈ) । ੪ । ੧ ।

ਨੋਟ—ਇਸ ਸ਼ਬਦ ਦੀ ਰਾਹੀਂ ਮਨ ਦੀਆਂ ਮੰਦੀਆਂ ਵਾਸ਼ਨਾਂ ਤੋਂ ਬਚਣ ਲਈ ਪ੍ਰਭੂ ਅਗੇ ਅਰਜ਼ੋਈ ਕੀਤੀ ਗਈ ਹੈ ।

ਨੋਟ--ਸ਼ਬਦ ਦਾ ਭਾਵ ਤਾਂ ਬੜਾ ਸਾਫ਼ ਸਿੱਧਾ ਹੈ ਕਿ ਭਗਤ ਸਧਨਾ ਜੀ ਪਰਮਾਤਮਾ ਅੱਗੇ ਅਰਦਾਸ ਕਰ ਕੇ ਆਖਦੇ ਹਨ—ਹੇ ਪ੍ਰਭੂ ! ਸੰਸਾਰ-ਸਮੁੰਦਰ ਵਿਚ ਵਿਕਾਰਾਂ ਦੀਆਂ ਅਨੇਕਾਂ ਲਹਿਰਾਂ ਉਠ ਰਹੀਆਂ ਹਨ; ਮੈਂ ਆਪਣੀ ਹਿੰਮਤ ਨਾਲ ਇਹਨਾਂ ਵਿਚ ਆਪਣੀ ਕਮਜ਼ੋਰ ਜਿੰਦ ਦੀ ਨਿੱਕੀ ਜਿਹੀ ਬੇੜੀ ਨੂੰ ਡੁੱਬਣ ਤੋਂ ਬਚਾ ਨਹੀਂ ਸਕਦਾ । ਮਨੁੱਖਾ ਜੀਵਨ ਦਾ ਸਮਾ ਮੁੱਕਦਾ ਜਾ ਰਿਹਾ ਹੈ, ਤੇ ਵਿਕਾਰ ਮੁੜ ਮੁੜ ਹੱਲੇ ਕਰ ਰਹੇ ਹਨ, ਛੇਤੀ ਬਹੁੜ, ਮੈਨੂੰ ਇਹਨਾਂ ਦੇ ਹੱਲਿਆਂ ਤੋਂ ਬਚਾ ਲੈ ।

ਪਰ ਪੰਡਿਤ ਤਾਰਾ ਸਿੰਘ ਜੀ ਇਸ ਬਾਰੇ ਇਉਂ ਲਿਖਦੇ ਹਨ—

"ਸਧਨਾ ਕਸਾਈ ਅਪਨੀ ਕੁਲ ਕਾ ਕਾਰ ਤਿਆਗ ਕਾਹੂੰ ਹਿੰਦੂ ਸਾਧੂ ਸੇ ਪਰਮੇਸਰ ਭਗਤੀ ਕਾ ਉਪਦੇਸ ਲੇ ਕਰ ਪਰਮ ਪ੍ਰੇਮ ਸੇ ਭਗਤੀ ਕਰਨੇ ਲਗਾ। ਮੁਸਲਮਾਨ

ਉਸ ਕੋ ਕਾਫ਼ਰ ਕਹਨੇ ਲਗੇ। ਕਾਜੀ ਲੋਗੋਂ ਨੇ ਉਸ ਸਮੇ ਕੇ ਰਾਜਾ ਕੋ ਕਹਾ ਇਸ ਕੋ ਬੁਰਜ ਮੈ ਚਿਣਨਾ ਚਾਹੀਏ। ਨਹੀ ਤੋ ਯਹ ਕਾਫ਼ਰ ਔਰ ਬਹੁਤ ਮੁਸਲਮਾਨੋਂ ਕੋ ਹਿੰਦੂ ਮਤ ਕੀ ਰੀਤ ਸਿਖਾਇ ਕਰ ਕਾਫ਼ਰ ਕਰੇਗਾ। ਪਾਤਿਸ਼ਾਹ ਨੇ ਕਾਜੀਯੋਂ ਕੇ ਕਹਨੇ ਸੇ ਬੁਰਜ ਮੈ ਚਿਨਨੇ ਕਾ ਹੁਕਮ ਦੀਆ। ਰਾਜ ਚਿਨਨੇ ਲਗੇ। ਤਿਸ ਸਮੇਂ ਸਧਨੇ ਭਗਤ ਨੇ ਯਹ ਬਚਨ ਕਹਿਆ।''

ਅੱਜ ਕਲ ਦੇ ਟੀਕਾਕਾਰ ਇਸ ਸ਼ਬਦ ਦੀ ਉਥਾਨਕਾ ਇਉਂ ਦੇਂਦੇ ਹਨ–

''ਕਾਜ਼ੀਆਂ ਦੀ ਸ਼ਰਾਰਤ ਕਰ ਕੇ ਪਾਤਿਸ਼ਾਹ ਨੇ ਸਧਨੇ ਜੀ ਨੂੰ ਬੁਰਜ ਵਿਚ ਚਿਣਨਾ ਸ਼ੁਰੂ ਕੀਤਾ ਤਾਂ ਭਗਤ ਜੀ ਵਾਹਿਗੁਰੂ ਅਗੇ ਬੇਨਤੀ ਕਰਦੇ ਹਨ।''

ਅਤੇ

''ਇਹ ਭਗਤ ਸਿੰਧ ਦੇ ਪਿੰਡ ਸਿਹਵਾਂ ਵਿਚ ਪੈਦਾ ਹੋਇਆ। ਨਾਮਦੇਵ ਦਾ ਸਮਕਾਲੀ ਸੀ। ਕੰਮ ਕਸਾਈ ਦਾ ਕਰਦਾ ਸੀ। ਜਦ ਭਗਤ ਜੀ ਨੂੰ ਇਕ ਰਾਜੇ ਨੇ ਦੁਖ ਤੇ ਤਸੀਹੇ ਦੇਣ ਲਈ ਤਿਆਰੀ ਕੀਤੀ, ਤਾਂ ਇਹਨਾਂ ਨੇ ਇਸ ਪ੍ਰਕਾਰ ਸ਼ਬਦ ਵਿਚ ਪ੍ਰਾਰਥਨਾ ਕੀਤੀ।''

ਭਗਤ-ਬਾਣੀ ਦੇ ਵਿਰੋਧੀ ਸੱਜਣ ਇਸ ਸ਼ਬਦ ਨੂੰ ਗੁਰਮਤਿ ਦੇ ਉਲਟ ਸਮਝਦੇ ਹੋਏ ਭਗਤ ਸਧਨਾ ਜੀ ਬਾਰੇ ਇਉਂ ਲਿਖਦੇ ਹਨ–

''ਭਗਤ ਸਧਨਾ ਜੀ ਮੁਸਲਮਾਨ ਕਸਾਈਆਂ ਵਿਚੋਂ ਸੀ। ਆਪ ਹੈਦਰਾਬਾਦ ਸਿੰਧ ਦੇ ਪਾਸ ਸੇਹਵਾਲ ਨਗਰ ਦੇ ਰਹਿਣ ਵਾਲੇ ਸਨ। ਕਈ ਆਪ ਜੀ ਨੂੰ ਹਿੰਦੂ ਭੀ ਮੰਨਦੇ ਹਨ। ਦੱਸਿਆ ਜਾਂਦਾ ਹੈ ਕਿ ਭਗਤ ਜੀ ਸਾਲਗਰਾਮ ਦੇ ਪੁਜਾਰੀ ਸਨ, ਜੋ ਉਲਟੀ ਬਾਤ ਹੈ ਕਿ ਹਿੰਦੂ ਹੁੰਦਾ ਹੋਇਆ ਸਾਲਗਰਾਮ ਨਾਲ ਮਾਸ ਤੋਲ ਕੇ ਨਹੀਂ ਵੇਚ ਸਕਦਾ ਸੀ। ਐਸੀਆਂ ਕਥਾਵਾਂ ਤੋਂ ਤਾਂ ਇਹੀ ਸਿੱਧ ਹੁੰਦਾ ਹੈ ਕਿ ਆਪ ਮੁਸਲਮਾਨ ਹੀ ਸਨ ਕਿਉਂਕਿ ਮਾਸ ਵੇਚਣ ਵਾਲੇ ਕਸਾਈ ਹਿੰਦੂ ਨਹੀਂ ਸਨ (ਅੱਜ ਕਲ੍ਹ ਭੀ ਹਿੰਦੂ ਲੋਕ ਮਾਸ ਘੱਟ ਹੀ ਵੇਚਦੇ ਹਨ)। ਜੇ ਮੁਸਲਮਾਨ ਸਨ ਤਾਂ ਸਾਲਗਰਾਮ ਦੀ ਪੂਜਾ ਕਿਉਂ ਕਰਦੇ ? ਦੂਜੇ ਪਾਸੇ, ਆਪ ਜੀ ਦੀ ਰਚਨਾ ਆਪ ਨੂੰ ਹਿੰਦੂ ਵੈਸ਼ਨਵ ਸਾਬਤ ਕਰਦੀ ਹੈ।

''ਸਧਨਾ ਜੀ ਦੀ ਰਚਨਾ ਸਾਫ਼ ਦੱਸ ਰਹੀ ਹੈ ਕਿ ਭਗਤ ਜੀ ਨੇ ਕਿਸੇ ਬਿਪਤਾ ਸਮੇਂ ਛੁਟਕਾਰਾ ਪਾਉਣ ਹਿਤ ਸ੍ਰੀ ਵਿਸ਼ਨੂੰ ਜੀ ਦੀ ਅਰਾਧਨਾ ਕੀਤੀ ਹੈ। ਕਈਆਂ ਦਾ ਖ਼ਿਆਲ ਹੈ ਕਿ ਇਹ ਸ਼ਬਦ ਆਪ ਜੀ ਨੇ ਉਸ ਭੈ ਤੋਂ ਬਚਣ ਵੇਲੇ ਡਰਦੇ ਹੋਇਆਂ ਨੇ ਰਚਿਆ ਸੀ ਜਦੋਂ ਰਾਜੇ ਵਲੋਂ ਜ਼ਿੰਦਾ ਕੰਧ ਵਿਚ ਚਿਨਾਉਣ ਦਾ ਹੁਕਮ ਸੀ।

''ਭਾਵੇਂ ਸ਼ਬਦ-ਰਚਨਾ ਦਾ ਕਾਰਨ ਕੁਝ ਹੋਵੇ ਪਰ ਆਰਾਧਨਾ ਵਿਸ਼ਨੂੰ ਜੀ ਦੀ ਹੈ, ਜੋ ਗੁਰਮਤਿ ਦੇ ਆਸ਼ੇ ਤੋਂ ਹਜ਼ਾਰਾਂ ਕੋਹ ਦੂਰ ਹੈ।

"ਸੋ ਇਹ ਸ਼ਬਦ ਗੁਰਮਤਿ ਦੇ ਆਸ਼ੇ ਤੋਂ ਬਹੁਤ ਦੂਰ ਹੈ। ਅਸਲੋਂ ਜਾਨ-ਬਖ਼ਸ਼ੀ ਲਈ ਤਰਲੇ ਹਨ।"

ਸਦਾ ਕਹਾਣੀਆਂ ਵਾਲਾ ਜ਼ਮਾਨਾ ਟਿਕਿਆ ਨਹੀਂ ਰਹਿ ਸ਼ਕਦਾ ਸੀ। ਆਖ਼ਰ ਇਹਨਾਂ ਉਤੇ ਇਤਰਾਜ਼ ਹੋਣੇ ਹੀ ਸਨ। ਇਤਰਾਜ਼ ਕਰਨ ਵਾਲੇ ਸੱਜਣਾਂ ਨੂੰ ਚਾਹੀਦਾ ਇਹ ਸੀ ਕਿ ਸਿਰਫ਼ ਬਨਾਉਟੀ ਕਹਾਣੀਆਂ ਨੂੰ ਸ਼ਬਦਾਂ ਨਾਲੋਂ ਨਿਖੇੜ ਦੇਂਦੇ, ਪਰ ਇਥੇ ਤਾਂ ਕਾਹਲੀ ਵਿਚ ਸ਼ਬਦਾਂ ਦੇ ਉਲਟ ਹੀ ਖਰ੍ਹਵੇ ਬੋਲ ਬੋਲੇ ਜਾਣ ਲੱਗ ਪਏ ਹਨ।

ਆਓ, ਹੁਣ ਗਹੁ ਨਾਲ ਉਥਾਨਕਾ ਨੂੰ ਤੇ ਵਿਰੋਧੀ ਨੁਕਤਾ-ਚੀਨੀ ਨੂੰ ਵਿਚਾਰੀਏ। ਪੰਡਿਤ ਤਾਰਾ ਸਿੰਘ ਜੀ ਲਿਖਦੇ ਹਨ ਕਿ ਸਧਨਾ ਜੀ ਮੁਸਲਮਾਨ ਸਨ, ਤੇ, ਕਿਸੇ ਹਿੰਦੂ ਸਾਧੂ ਦੇ ਅਸਰ ਹੇਠ ਪਰਮੇਸਰ ਦੀ ਭਗਤੀ ਕਰਨ ਲੱਗ ਪਏ ਸਨ। ਮੁਸਲਮਾਨਾਂ ਨੂੰ ਬੜੀ ਕੌੜ ਲੱਗੀ। ਮੁਸਲਮਾਨਾਂ ਨੂੰ ਕੌੜ ਲੱਗਣੀ ਹੀ ਸੀ, ਖ਼ਾਸ ਕਰਕੇ ਉਸ ਸਮੇਂ ਜਦੋਂ ਇਥੇ ਰਾਜ ਭੀ ਮੁਸਲਮਾਨਾਂ ਦਾ ਸੀ। ਪਰ ਇਕ ਗੱਲ ਸਾਫ਼ ਪਰਤੱਖ ਹੈ। ਅਜਿਹੀ ਘਟਨਾ ਸਜਰੀ ਸਜਰੀ ਹੀ ਜੋਸ਼ ਪੈਦਾ ਕਰ ਸਕਦੀ ਹੈ। ਜੇ ਸਧਨੇ ਨੂੰ ਮੁਸਲਮਾਨ ਤੋਂ ਹਿੰਦੂ ਬਣਿਆਂ ਪੰਜ ਸੱਤ ਸਾਲ ਬੀਤ ਜਾਂਦੇ, ਤਾਂ ਇਤਨੀ ਵਿੱਥ ਪੈ ਜਾਣ ਤੇ ਗੱਲ ਪੁਰਾਣੀ ਹੋ ਜਾਂਦੀ, ਲੋਕ ਸਹਿਦਿੜ ਹੋ ਜਾਂਦੇ, ਫਿਰ ਕਿਸੇ ਭੀ ਮੁਸਲਮਾਨ ਨੂੰ ਆਪਣੇ ਦੀਨੀ ਭਾਈ ਦਾ ਕਾਫ਼ਰ ਬਣ ਜਾਣਾ ਚੁੱਭ ਨਹੀਂ ਸਕਦਾ ਸੀ। ਸੋ, ਮੁਸਲਮਾਨਾਂ ਨੇ ਝਬਦੇ ਹੀ ਸਧਨੇ ਨੂੰ ਬੁਰਜ ਵਿਚ ਚਿਣਾਨ ਦਾ ਹੁਕਮ ਜਾਰੀ ਕਰਾ ਦਿੱਤਾ ਹੋਵੇਗਾ। ਇਥੇ ਵੱਡੀ ਹੈਰਾਨੀ ਵਾਲੀ ਗੱਲ ਇਹ ਹੈ ਕਿ ਮੁਸਲਮਾਨ ਘਰਾਂ ਵਿਚ ਜੰਮੇ-ਪਲੇ ਸਧਨੇ ਨੇ ਹਿੰਦੂ ਬਣਦਿਆਂ ਸਾਰ ਹੀ ਆਪਣੀ ਮੁਸਲਮਾਨੀ ਬੋਲੀ ਕਿਵੇਂ ਭੁਲਾ ਦਿੱਤੀ, ਤੇ, ਅਚਨਚੇਤ ਸੰਸਕ੍ਰਿਤ ਦੇ ਵਿਦਵਾਨ ਕਿਵੇਂ ਬਣ ਗਏ। ਫ਼ਰੀਦ ਜੀ ਦੇ ਸਲੋਕ ਪੜ੍ਹ ਕੇ ਵੇਖੋ, ਠੇਠ ਪੰਜਾਬੀ ਵਿਚ ਹਨ; ਪਰ ਫਿਰ ਭੀ ਇਸਲਾਮੀ ਸੱਭਿਅਤਾ ਵਾਲੇ ਲਫ਼ਜ਼ ਥਾਂ ਥਾਂ ਵਰਤੇ ਮਿਲਦੇ ਹਨ। ਸਧਨੇ ਜੀ ਦਾ ਸ਼ਬਦ ਪੜ੍ਹ ਕੇ ਵੇਖੋ, ਕਿਤੇ ਇੱਕ ਲਫ਼ਜ਼ ਭੀ ਉਰਦੂ ਫ਼ਾਰਸੀ ਦਾ ਨਹੀਂ ਹੈ, ਸਿੰਧੀ ਬੋਲੀ ਦੇ ਭੀ ਨਹੀਂ ਹਨ, ਸਾਰੇ ਦੇ ਸਾਰੇ ਸੰਸਕ੍ਰਿਤ ਤੇ ਹਿੰਦੀ ਦੇ ਹਨ। ਇਹ ਗੱਲ ਕੁਦਰਤਿ ਦੇ ਨਿਯਮ ਦੇ ਬਿਲਕੁਲ ਉਲਟ ਹੈ ਕਿ ਦਿਨਾਂ ਵਿਚ ਹੀ ਮੁਸਲਮਾਨ ਸਧਨਾ ਹਿੰਦੂ ਭਗਤ ਬਣ ਕੇ ਆਪਣੀ ਬੋਲੀ ਭੀ ਭੁਲਾ ਦੇਂਦਾ ਤੇ ਨਵੀਂ ਸਿੱਖ ਲੈਂਦਾ। ਨਾਲੇ, ਮੁਸਲਮਾਨੀ ਬੋਲੀ ਟਿਕੀ ਰਹਿਣ ਨਾਲ ਸਧਨੇ ਜੀ ਦੀ ਭਗਤੀ ਵਿਚ ਕਿਵੇਂ ਕੋਈ ਫ਼ਰਕ ਪੈ ਜਾਣਾ ਸੀ? ਸੋ, ਸਧਨਾ ਜੀ ਹਿੰਦੂ-ਘਰ ਦੇ ਜੰਮੇ-ਪਲੇ ਸਨ।

ਤੇ,ਸਾਲਗਰਾਮ ਨਾਲ ਮਾਸ ਤੋਲਣ ਦੀਆਂ ਕਹਾਣੀਆਂ ਜੋੜਨ ਵਾਲਿਆਂ ਤੋਂ ਵਾਰੇ ਵਾਰੇ ਜਾਈਏ, ਸ਼ਬਦ ਵਿਚ ਤਾਂ ਕਿਤੇ ਐਸਾ ਕੋਈ ਜ਼ਿਕਰ ਨਹੀਂ ਹੈ। ਇਹ ਹੋ ਸਕਦਾ

ਹੈ ਕਿ ਸਧਨਾ ਜੀ ਪਹਿਲਾਂ ਬੁਤ-ਪੂਜ ਹੋਣ, ਫਿਰ ਉਹਨਾਂ ਬੁੱਤ-ਪੂਜਾ ਛੱਡ ਦਿੱਤੀ ਹੋਵੇ । ਇਸ ਵਿਚ ਕੋਈ ਭੈੜ ਨਹੀਂ ।ਗੁਰੂ ਨਾਨਕ ਸਾਹਿਬ ਨੇ ਦੇਵੀ-ਪੂਜ ਤੇ ਮੜ੍ਹੀ-ਪੂਜ ਆਦਿਕਾਂ ਨੂੰ ਹੀ ਜੀਵਨ ਦਾ ਸਹੀ ਰਾਹ ਦੱਸ ਕੇ ਰੱਬ ਦਾ ਉਪਾਸ਼ਕ ਬਣਾਇਆ ਸੀ, ਉਹਨਾਂ ਦੀ ਸੰਤਾਨ ਸਿੱਖ ਕੌਮ ਨੂੰ ਅੱਜ ਕੋਈ ਮੂਰਤੀ-ਪੂਜ ਨਹੀਂ ਆਖ ਸਕਦਾ ।

ਸਧਨਾ ਜੀ ਦੇ ਸ਼ਬਦ ਵਿਚ ਕੋਈ ਭੀ ਐਸਾ ਇਸ਼ਾਰਾ ਨਹੀਂ ਹੈ ਜਿਥੋਂ ਇਹ ਸਾਬਤ ਹੋ ਸਕੇ ਕਿ ਭਗਤ ਜੀ ਨੇ ਕਿਸੇ ਬੁਰਜ ਵਿਚ ਚਿਣੇ ਜਾਣ ਤੋਂ ਡਰਦਿਆਂ ਜਾਨ-ਬਖ਼ਸ਼ੀ ਲਈ ਤਰਲੇ ਲਏ ਹਨ। ਇਹ ਮਿਹਰਬਾਨੀ ਕਹਾਣੀ-ਘਾੜਿਆਂ ਦੀ ਹੈ । ਅਜਿਹੀ ਉਕਾਈ ਤਾਂ ਅਸਾਡੇ ਸਿੱਖ ਵਿਦਵਾਨ ਭੀ ਸਤਿਗੁਰੂ ਪਾਤਿਸ਼ਾਹ ਦਾ ਇਤਿਹਾਸ ਲਿਖਣ ਵੇਲੇ ਖਾ ਗਏ ਹਨ । ਵੇਖੋ, ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹੀਦੀ ਦਾ ਹਾਲ ਦੱਸਦੇ ਹੋਏ ਗਿਆਨੀ ਗਿਆਨ ਸਿੰਘ ਜੀ ਤਵਾਰੀਖ਼ ਗੁਰੂ ਖ਼ਾਲਸਾ ਵਿਚ ਕੀਹ ਲਿਖਦੇ ਹਨ–

"ਬੁੱਢੇ ਕੇ ਗੁਰਦਿੱਤੇ ਨੇ ਬੇਨਤੀ ਕੀਤੀ 'ਸੱਚੇ ਪਾਤਿਸ਼ਾਹ, ਦੁਸ਼ਟ, ਔਰੰਗੇ ਨੇ ਕੱਲ ਨੂੰ ਸਾਨੂੰ ਭੀ ਏਸੇ ਤਰ੍ਹਾਂ ਮਾਰਨਾ ਹੈ, ਜੀਕੂੰ ਸਾਡੇ ਦੋ ਭਾਈ ਮਾਰੇ ਗਏ ।' ਗੁਰੂ ਜੀ ਵਡੇ ਧੀਰਜ ਨਾਲ ਬੋਲੇ, 'ਅਸੀਂ ਤਾਂ ਪਹਿਲੇ ਹੀ ਤੁਹਾਨੂੰ ਕਹਿ ਦਿੱਤਾ ਸੀ ਕਿ ਸਾਡੇ ਨਾਲ ਉਹ ਚੱਲੇ ਜਿਸ ਨੇ ਕਸ਼ਟ ਸਹਾਰ ਕੇ ਭੀ ਧਰਮ ਉਤੇ ਕੁਰਬਾਨ ਹੋਣਾ ਹੋਵੇ । ਸੋ ਹੁਣ ਭੀ ਜੇ ਤੁਸੀਂ ਜਾਣਾ ਚਾਹੁੰਦੇ ਹੋ, ਚਲੇ ਜਾਓ ।' ਉਹਨਾਂ ਆਖਿਆ 'ਬੇੜੀਆਂ ਸੰਗਲ ਪਏ, ਪਹਿਰੇ ਖੜੇ, ਜੰਦੇ ਲੱਗੇ ਹੋਇਆਂ ਕੀਕੂੰ ਜਾਈਏ ।' ਬਚਨ ਹੋਇਆ, 'ਇਹ ਸ਼ਬਦ ਪੜ੍ਹੋ'–

'ਕਾਟੀ ਬੇੜੀ ਪਗਹ ਤੇ ਗੁਰਿ ਕੀਨੀ ਬੰਦਿ ਖਲਾਸ' ।

ਤਦ ਉਹਨਾਂ ਦੇ ਬੰਧਨ ਇਸ ਤੁਕ ਦੇ ਪੜ੍ਹਨੇ ਕਰਕੇ ਟੁੱਟ ਗਏ,ਤੇ ਪਹਿਰੂ ਸੌਂ ਗਏ, ਦਰਵਾਜ਼ਾ ਖੁਲ੍ਹ ਗਿਆ । ਸਿੱਖ ਤੁਰੇ ਤਾਂ ਗੁਰੂ ਜੀ ਨੇ ਇਹ ਸ਼ਲੋਕ ਉਚਾਰਿਆ–

'ਸੰਗ ਸਖਾ ਸਭਿ ਤਜਿ ਗਏ, ਕੋਊ ਨ ਨਿਬਹਿਓ ਸਾਥਿ ।। ਕਹੁ ਨਾਨਕ ਇਹ ਬਿਪਤ ਮੈ, ਟੇਕ ਏਕ ਰਘਨਾਥ' ।। ੫੫ ।।

"ਇਹ ਬਚਨ ਸੁਣ ਕੇ ਸਿੱਖਾਂ ਦੇ ਨੇਤ੍ਰ ਵਹਿ ਗਏ, ਤੇ ਧੀਰਜ ਆ ਗਿਆ, ਮੁੜ ਗੁਰੂ ਜੀ ਪਾਸ ਆ ਬੈਠੇ ।ਫੇਰ ਗੁਰੂ ਸਾਹਿਬ ਬਥੇਰਾ ਆਖ ਰਹੇ, ਪਰ ਉਹ ਨਾਂਹ ਗਏ ।,,

ਅਗਾਂਹ ਚੱਲ ਕੇ ਗਿਆਨੀ ਗਿਆਨ ਸਿੰਘ ਜੀ ਲਿਖਦੇ ਹਨ ਕਿ ਸਤਿਗੁਰੂ ਜੀ ਨੇ ਜੇਲ੍ਹ ਵਿਚੋਂ ਆਪਣੀ ਮਾਤਾ ਜੀ ਨੂੰ ਚਿੱਠੀ ਲਿਖੀ, ਤੇ,

"ਏਸੇ ਪੱਤ੍ਰਕਾ ਵਿਚ ਦਸ਼ਮੇਸ਼੍ਵਰ ਦਾ ਨਿਸ਼ਚਾ ਪਰਖਣ ਲਈ ਇਹ ਦੋਹਰਾ ਲਿਖਿਆ ਸੀ–

ਬਲੁ ਛੁਟਕਿਓ ਬੰਧਨ ਪਰੇ, ਕਛੂ ਨ ਹੋਤ ਉਪਾਇ ।। ਕਹੁ ਨਾਨਕ ਅਬ ਓਟ ਹਰਿ, ਗਜ ਜਿਉ ਹੋਹੁ ਸਹਾਇ ।। ਇਸ ਦਾ ਉੱਤਰ **(ਬਲੁ ਹੋਆ ਬੰਧਨ ਛੁਟੇ, ਸਭ ਕਿਛੁ ਹੋਤ ਉਪਾਇ ॥ ਨਾਨਕ ਸਭੁ ਕਿਛੁ ਤੁਮਰੈ ਹਾਥ ਮੈ, ਤੁਮ ਹੀ ਹੋਤ ਸਹਾਇ ।।)**

ਇਹ ਲਿਖ ਕੇ ਦਸਮ ਪਾਤਿਸ਼ਾਹ ਨੇ ਉਸੇ ਘੜੀ ਸਿੱਖ ਦੇ ਹੱਥ ਨੌਮੇ ਪਾਤਿਸ਼ਾਹ ਪਾਸ ਦਿੱਲੀ ਭੇਜ ਦਿੱਤਾ ।''

ਅੱਜ ਕਲ੍ਹ ਦੇ ਵਿਦਵਾਨ ਟੀਕਾਕਾਰਾਂ ਨੇ ਭੀ ਸਲੋਕ ਮ: ੯ ਦੇ ਇਹਨਾਂ ਸ਼ਲੋਕਾਂ ਬਾਰੇ ਇਉਂ ਲਿਖਿਆ ਹੈ–''ਕਹਿੰਦੇ ਹਨ ਕਿ ਇਹ ਦੋਹਿਰਾ ਗੁਰੂ ਜੀ ਨੇ ਦਿੱਲੀ ਤੋਂ ਕੈਦ ਦੀ ਹਾਲਤ ਵਿਚ ਲਿਖ ਕੇ ਦਸਮੇਸ਼ ਜੀ ਨੂੰ ਭੇਜਿਆ ਸੀ । ਇਸ ਵਿਚ ਉਹਨਾਂ ਦਾ ਇਰਾਦਾ ਆਪਣੇ ਸਪੁੱਤਰ ਦੇ ਦਿਲ ਦੀ ਤਕੜਾਈ ਨੂੰ ਪਰਖਣ ਦਾ ਸੀ । ਅਗਲੇ ਦੋਹਿਰੇ ਵਿਚ ਦਸਮੇਸ਼ ਜੀ ਵਲੋਂ ਉੱਤਰ ਦਿੱਤਾ ਹੋਇਆ ਹੈ । ਕਈਆਂ ਬੀੜਾਂ (ਜਿਵੇਂ ਭਾਈ ਬੰਨੋ ਵਾਲੀ) ਵਿਚ ਇਸ ਦੇ ਨਾਲ 'ਮਹਲਾ ੧੦' ਦਿੱਤਾ ਹੋਇਆ ਹੈ ।''

ਜੋ ਸੱਜਣ ਆਪਣੇ ਸਤਿਗੁਰ ਪਾਤਿਸ਼ਾਹ ਨੂੰ ਪੂਰਨ ਮਹਾ ਪੁਰਖ ਸਮਝਦੇ ਹਨ, ਜਿਸ ਵਿਚ ਉਕਾਈ ਦਾ ਕਿਤੇ ਨਾਮ-ਨਿਸ਼ਾਨ ਨਹੀਂ, ਤੇ, ਜੋ ਸੱਜਣ ''ਬਾਬਾਣੀਆਂ ਕਹਾਣੀਆਂ ਪੁਤ ਸੁਪੁਤ ਕਰੇਨਿ'' ਦੇ ਗੁਰ-ਵਾਕ ਅਨੁਸਾਰ ਗੁਰੂ ਪਾਤਿਸ਼ਾਹ ਦੀਆਂ ਜੀਵਨ-ਸਾਖੀਆਂ ਵਿਚੋਂ ਆਪਣੇ ਜੀਵਨ ਦੀ ਅਗਵਾਈ ਲਈ ਕੋਈ ਝਲਕ ਵੇਖਣੀ ਚਾਹੁੰਦੇ ਹਨ ਉਹਨਾਂ ਨੂੰ ਇਹਨਾਂ ਇਤਿਹਾਸ-ਕਾਰਾਂ ਤੇ ਟੀਕਾਕਾਰਾਂ ਦੇ ਸਾਦਾ ਲਫ਼ਜ਼ਾਂ ਵਿਚ ਬੜੀਆਂ ਔਕੜਾਂ ਆ ਰਹੀਆਂ ਹਨ । ਗੁਰੂ ਤੇਗ ਬਹਾਦਰ ਸਾਹਿਬ ਜੀ ਆਪਣੀ ਖ਼ੁਸ਼ੀ ਨਾਲ ਦੁਖੀਆਂ ਦਾ ਦੁਖ ਵੰਡਣ ਹਿਤ ਸ਼ਹੀਦ ਹੋਣ ਲਈ ਦਿੱਲੀ ਗਏ ਸਨ । ਇਹ ਗੱਲ ਸਾਰੇ ਜਹਾਨ ਵਿਚ ਸੂਰਜ ਵਾਂਗ ਰੌਸ਼ਨ ਹੈ । ਪਰ ਉਹਨਾਂ ਦੇ ਸ਼ਲੋਕ ਨੰ: ੫੫ ਨੂੰ ਇਸ ਸਾਖੀ ਵਿਚ ਐਸੇ ਤਰੀਕੇ ਨਾਲ ਦਰਜ ਕੀਤਾ ਗਿਆ ਹੈ, ਜਿਸ ਤੋਂ ਇਹ ਜ਼ਾਹਰ ਹੋ ਰਿਹਾ ਹੈ ਕਿ ਸਤਿਗੁਰੂ ਜੀ ਉਸ ਕੈਦ ਨੂੰ ''ਬਿਪਤ'' ਮੰਨ ਰਹੇ ਸਨ ਤੇ ਉਸ ਨੂੰ ਸਹਾਰਨ ਲਈ ਆਪਣੇ ਸਾਥੀ ਸਿੱਖਾਂ ਦਾ ਆਸਰਾ ਲੋੜਦੇ ਸਨ । ਕੋਈ ਭੀ ਸਿੱਖ ਕਦੇ ਇਸ ਸ਼ਲੋਕ ਵਿਚੋਂ ਇਹ ਅਰਥ ਕੱਢਣ ਨੂੰ ਤਿਆਰ ਨਹੀਂ ਹੋ ਸਕਦਾ, ਪਰ ਸਾਖੀ ਨੇ ਬਦੋ-ਬਦੀ ਇਹ ਅਰਥ ਬਣਾ ਧਰੇ ਹਨ ।

ਸਾਖੀ ਦੇ ਦੂਜੇ ਹਿੱਸੇ ਵਿਚ ਸ਼ਰਧਾਵਾਨ ਸਿੱਖ ਲਈ ਹੋਰ ਭੀ ਵਧੀਕ ਔਖਿਆਈ ਆ ਬਣਦੀ ਹੈ । ਇਤਿਹਾਸ-ਕਾਰ ਤੇ ਟੀਕਾਕਾਰ ਦੋਵੇਂ ਧਿਰ ਲਿਖਦੇ ਹਨ ਕਿ ਗੁਰੂ ਤੇਗ ਬਹਾਦਰ ਜੀ ਨੇ ਆਪਣੇ ਸਪੁੱਤ੍ਰ ਜੀ ਨੂੰ ਪਰਖਣ ਵਾਸਤੇ ਇਹ ਸ਼ਲੋਕ ਲਿਖਿਆ ਸੀ । ਇਸ ਦਾ ਭਾਵ ਇਹ ਨਿਕਲਿਆ ਕਿ ਉਹ ਕੋਈ ਨਿਰਬਲਤਾ ਤੇ ਬੰਧਨਾਂ ਦੀ ਤਕਲੀਫ਼

ਮਹਿਸੂਸ ਨਹੀਂ ਕਰ ਰਹੇ ਸਨ, ਸਿਰਫ਼ ਦਸਮੇਸ਼ ਜੀ ਦਾ ਦਿਲ ਵੇਖਣ ਵਾਸਤੇ ਹੀ ਲਿਖਿਆ ਸੀ। ਜੇ ਸਾਖੀ ਨੂੰ ਸਹੀ ਮੰਨੀਏ ਤਾਂ ਦੂਜੇ ਲਫ਼ਜ਼ਾਂ ਵਿਚ ਕਹਿਣਾ ਪਏਗਾ ਕਿ ਸਤਿਗੁਰੂ ਜੀ ਨੇ ਆਪਣੇ ਬਾਰੇ ਜੋ ਕੁਝ ਇਸ ਸ਼ਲੋਕ ਵਿਚ ਲਿਖਿਆ ਸੀ ਉਹ ਠੀਕ ਨਹੀਂ ਸੀ। ਪਰ ਇਹ ਸ਼ਲੋਕ ਤਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਦਰਜ ਹੈ, ਤੇ, ਇਸ ਬਾਰੇ ਕਦੇ ਭੀ ਇਹ ਨਹੀਂ ਚਿਤਵਿਆ ਜਾ ਸਕਦਾ ਕਿ ਸਤਿਗੁਰੂ ਜੀ ਨੇ ਇਹ ਐਵੇਂ ਹੀ ਲਿਖਿਆ ਸੀ। ਤੇ, ਜੇ ਇਹ ਆਖੀਏ ਕਿ ਸਤਿਗੁਰੂ ਜੀ ਨੇ ਜੋ ਕੁਝ ਚਿੱਠੀ ਵਿਚ ਲਿਖਿਆ ਸੀ ਠੀਕ ਲਿਖਿਆ ਸੀ, ਤਾਂ ਅਸੀ ਇਕ ਹੋਰ ਉਪੱਦ੍ਰਵ ਕਰ ਬੈਠਦੇ ਹਾਂ, ਤਾਂ ਅਸੀ ਅੰਞਾਣ-ਪੁਣੇ ਵਿਚ ਇਹ ਮੰਨਦੇ ਹਾਂ ਕਿ ਸਤਿਗੁਰੂ ਜੀ ਕੈਦ ਦੇ ਬੰਧਨਾਂ ਵਿਚ ਆਪਣੇ ਆਪ ਨੂੰ ਔਖੇ ਮਹਿਸੂਸ ਕਰ ਰਹੇ ਸਨ, ਤੇ ਕਹਿ ਰਹੇ ਸਨ ਕਿ "ਗਜ ਜਿਉ ਹੋਹੁ ਸਹਾਇ"

ਪਾਠਕ-ਜਨ ਵੇਖ ਚੁਕੇ ਹਨ ਕਿ ਸਲੋਕਾਂ ਦੇ ਨਾਲ ਗ਼ਲਤ ਸਾਖੀ ਜੋੜ ਕੇ ਇਤਿਹਾਸ-ਕਾਰ ਨੇ ਅਸਾਡੇ ਦੀਨ ਦੁਨੀ ਦੇ ਵਾਲੀ ਪਾਤਿਸ਼ਾਹ ਦੇ ਵਿਰੁੱਧ ਉਹੀ ਕੋਝਾ ਦੂਸ਼ਨ ਖੜਾ ਕਰ ਦਿਤਾ ਹੈ ਜੋ ਭਗਤ ਸਧਨਾ ਜੀ ਦੇ ਸ਼ਬਦ ਨਾਲ ਸਾਖੀ ਲਿਖ ਕੇ ਭਗਤ ਜੀ ਦੇ ਵਿਰੁਧ ਲਵਾਇਆ ਹੈ। ਅਸਲ ਗੱਲ ਇਹ ਹੈ ਕਿ ਦਸਮੇਸ਼ ਜੀ ਨੂੰ ਪਰਖਣ ਬਾਰੇ ਸਾਖੀ ਮਨ-ਘੜਤ ਹੈ, ਤੇ, ਭਗਤ ਸਧਨਾ ਜੀ ਬਾਰੇ ਬੁਰਜ ਵਿਚ ਚਿਣੇ ਜਾਣ ਵਾਲੀ ਸਾਖੀ ਭੀ ਬਨਾਵਟੀ ਹੈ।

ਵਿਰੋਧੀ ਸੱਜਣ ਲਿਖਦਾ ਹੈ ਕਿ ਇਸ ਸ਼ਬਦ ਵਿਚ ਭਗਤ ਜੀ ਨੇ ਵਿਸ਼ਨੂੰ ਦੀ ਅਰਾਧਨਾ ਕੀਤੀ ਹੈ। ਮੁਸ਼ਕਿਲ ਇਹ ਬਣੀ ਪਈ ਹੈ ਕਿ ਜਾਗਦਿਆਂ ਨੂੰ ਕੌਣ ਜਗਾਏ। ਨਹੀਂ ਤਾਂ, ਜਿਸ ਨੂੰ ਭਗਤ ਜੀ ਸੰਬੋਧਨ ਕਰਦੇ ਹਨ ਉਸ ਵਾਸਤੇ ਲਫ਼ਜ਼ "ਜਗਤ-ਗੁਰ" ਵਰਤਦੇ ਹਨ। ਕਿਸੇ ਭੀ ਖਿੱਚ-ਘਸੀਟ ਨਾਲ ਇਸ ਲਫ਼ਜ਼ ਦਾ ਅਰਥ ਵਿਸ਼ਨੂੰ ਨਹੀਂ ਕੀਤਾ ਜਾ ਸਕਦਾ। ਲਫ਼ਜ਼ "ਜਗਤ-ਗੁਰ" ਦਾ ਅਰਥ ਵਿਸ਼ਨੂੰ ਕਰਨ ਦਾ ਸਿਰਫ਼ ਇਕੋ ਕਾਰਨ ਹੋ ਸਕਦਾ ਹੈ। ਉਹ ਇਹ ਹੈ ਕਿ ਸ਼ਬਦ ਦੀ ਪਹਿਲੀ ਤੁਕ ਵਿਚ ਜਿਸ ਕਹਾਣੀ ਵਲ ਇਸ਼ਾਰਾ ਹੈ ਉਹ ਵਿਸ਼ਨੂੰ ਬਾਰੇ ਹੈ। ਪਰ ਨਿਰਾ ਇਤਨੀ ਗੱਲ ਨਾਲ ਸਧਨਾ ਜੀ ਨੂੰ ਵਿਸ਼ਨੂੰ ਦਾ ਉਪਾਸ਼ਕ ਨਹੀਂ ਕਿਹਾ ਜਾ ਸਕਦਾ। ਗੁਰੂ ਤੇਗ ਬਹਾਦਰ ਸਾਹਿਬ ਮਾਰੂ ਰਾਗ ਵਿਚ ਇਕ ਸ਼ਬਦ ਦੀ ਰਾਹੀਂ ਪਰਮਾਤਮਾ ਦਾ ਨਾਮ ਸਿਮਰਨ ਦੀ ਵਡਿਆਈ ਇਉਂ ਬਿਆਨ ਕਰਦੇ ਹਨ :–

ਮਾਰੂ ਮਹਲਾ ੯ ॥ ਹਰਿ ਕੋ ਨਾਮੁ ਸਦਾ ਸੁਖਦਾਈ ॥ ਜਾ ਕਉ ਸਿਮਰਿ ਅਜਾਮਲੁ ਉਧਰਿਓ, ਗਨਕਾ ਹੂ ਗਤਿ ਪਾਈ ॥ ੧ ॥ ਰਹਾਉ ॥

ਪੰਚਾਲੀ ਕਉ ਰਾਜ ਸਭਾ ਮੈ, ਰਾਮ ਨਾਮ ਸੁਧਿ ਆਈ ॥ ਤਾ ਕੋ ਦੂਖੁ ਹਰਿਓ ਕਰੁਣਾਮੈ, ਅਪਨੀ ਪੈਜ ਬਢਾਈ ॥੧॥ ਜਿਹ ਨਰ ਜਸੁ ਕਿਰਪਾਨਿਧਿ ਗਾਇਓ, ਤਾ ਕਉ ਭਇਓ ਸਹਾਈ॥ ਕਹੁ ਨਾਨਕ ਮੈ ਇਹੀ ਭਰੋਸੈ, ਗਹੀ ਆਨ ਸਰਨਾਈ ॥੨॥੧॥

'ਪੰਚਾਲੀ' ਦ੍ਰੋਪਦੀ ਦਾ ਨਾਮ ਹੈ, ਤੇ ਹਰੇਕ ਹਿੰਦੂ ਸੱਜਣ ਜਾਣਦਾ ਹੈ ਕਿ ਦ੍ਰੋਪਦੀ ਨੇ ਦੁਹਸਾਸਨ ਦੀ ਸਭਾ ਵਿਚ ਨਗਨ ਹੋਣ ਤੋਂ ਬਚਣ ਲਈ ਕ੍ਰਿਸ਼ਨ ਜੀ ਦੀ ਅਰਾਧਨਾ ਕੀਤੀ ਸੀ। ਇਸ ਤੋਂ ਇਹ ਨਤੀਜਾ ਨਹੀਂ ਨਿਕਲ ਸਕਦਾ ਕਿ ਇਸ ਸ਼ਬਦ ਵਿਚ ਸਤਿਗੁਰੂ ਜੀ ਕ੍ਰਿਸ਼ਨ-ਭਗਤੀ ਦਾ ਉਪਦੇਸ਼ ਕਰ ਰਹੇ ਹਨ। ਸਧਨਾ ਜੀ ਦਾ 'ਜਗਤ-ਗੁਰ' ਭੀ ਵਿਸ਼ਨੂੰ ਨਹੀਂ ਹੈ।

ਸਧਨਾ ਜੀ ਨੇ ਸ਼ਬਦ ਦੀ ਪਹਿਲੀ ਤੁਕ ਵਿਚ ਜਿਸ ਕਹਾਣੀ ਵਲ ਇਸ਼ਾਰਾ ਕੀਤਾ ਹੈ ਉਸ ਸੰਬੰਧੀ ਵਿਰੋਧੀ ਸੱਜਣ ਜੀ ਨੇ ਲਿਖਿਆ ਹੈ–ਕਾਮਾਰਥੀ ਤੋਂ ਭਾਵ ਉਸ ਸਾਖੀ ਵਲ ਇਸ਼ਾਰਾ ਹੈ ਜਿਸ ਵਿਚ ਤਰਖਾਣ ਨੇ ਰਾਜੇ ਦੀ ਲੜਕੀ ਦੀ ਖ਼ਾਤਰ ਵਿਸ਼ਨੂੰ ਦਾ ਸੁਆਂਗ ਰਚਿਆ ਸੀ, ਪਰ ਇਹ ਸਾਖੀ ਗੰਦੀ ਹੈ।

ਅਸਾਡੇ ਕਈ ਟੀਕਾਕਾਰਾਂ ਨੇ ਉਹ ਤਰਖਾਣ ਦੀ ਕਹਾਣੀ ਥੋੜੇ ਥੋੜੇ ਫ਼ਰਕ ਨਾਲ ਇਉਂ ਲਿਖੀ ਹੈ–

ਇਕ ਰਾਜੇ ਦੀ ਲੜਕੀ ਨੇ ਪ੍ਰਣ ਕਰ ਲਿਆ ਸੀ ਕਿ ਮੈਂ ਵਿਸ਼ਨੂੰ ਭਗਵਾਨ ਦੇ ਨਾਲ ਵਿਆਹ ਕਰਾਉਣਾ ਹੈ। ਉਸੀ ਵਕਤ ਇਕ ਤਰਖਾਣ ਦੇ ਪੁੱਤਰ ਨੇ ਉੱਕਰ ਦਾ ਭੇਖ ਕਰ ਕੇ ਵਿਆਹ ਲਈ। ਕਿਸੇ ਦਿਨ ਉਸ ਰਾਜੇ ਤੇ ਕੋਈ ਹੋਰ ਰਾਜਾ ਚੜ੍ਹ ਕੇ ਆਇਆ। ਇਹ ਗੱਲ ਸੁਣ ਕੇ ਉਹ ਪਖੰਡੀ ਤਰਖਾਣ ਨੱਸ ਗਿਆ ਅਤੇ ਦੇਵਨੇਤ ਵਾਹਿਗੁਰੂ ਨੇ ਇਸ ਰਾਜੇ ਦੀ ਜਿੱਤ ਕੀਤੀ। ਤਿਸ ਪਰਥਾਇ ਹਿੰਦੂ ਮਤ ਦੀ ਸਾਖੀ ਲੈ ਕੇ ਸਧਨਾ ਜੀ ਕਹਿੰਦੇ ਹਨ। ਦੇਖੋ ਸ਼ਿਵ ਨਾਥ ਕ੍ਰਿਤ ਪੰਚ ਤੰਤ੍ਰ ਦਾ ਪਹਿਲਾ ਤੰਤ੍ਰ ੫ ਕਥਾ ੬੩ ਤੋਂ ਲੈ ਕੇ ੭੦ ਤਕ। ਕਈ ਨ੍ਰਿਪ ਕੰਨਜਾ ਮੀਰਾਂ ਬਾਈ ਦੀ ਸਾਖੀ ਲਾਉਂਦੇ ਹਨ ਅਤੇ ਆਖਦੇ ਹਨ ਉਸ ਪਾਸ ਗਿਰਧਰ ਸਾਂਗ ਧਾਰ ਕੇ ਆਇਆ ਸੀ।

ਇਥੇ ਕਹਾਣੀ ਦੇ ਗੰਦੇ ਹੋਣ ਬਾਰੇ ਵਿਰੋਧੀ ਸੱਜਣ ਨਾਲ ਸਹਿਮਤ ਨਹੀਂ ਹੋਇਆ ਜਾ ਸਕਦਾ। ਕਹਾਣੀ ਵਿਚ ਠੱਗੀ ਤਾਂ ਜ਼ਰੂਰ ਹੈ, ਇਸ ਨੂੰ ਗੰਦੀ ਨਹੀਂ ਕਿਹਾ ਜਾ ਸਕਦਾ। ਇਸ ਦੇ ਟਾਕਰੇ ਤੇ ਵੇਖੋ ਇੰਦ੍ਰ ਦੇਵਤੇ ਦੀ ਉਹ ਕਹਾਣੀ ਜਿਸ ਦਾ ਜ਼ਿਕਰ ਗੁਰੂ ਨਾਨਕ ਦੇਵ ਜੀ ਨੇ ਆਪਣੇ ਇਕ ਸ਼ਲੋਕ ਵਿਚ ਇਉਂ ਕੀਤਾ ਹੈ, "ਸਹੰਸਰ ਦਾਨ ਦੇ

ਇੰਦ੍ਰ ਰੁਆਇਆ।" ਪਰ ਅਜਿਹੀ ਦਲੀਲ ਪੇਸ਼ ਕਰ ਕੇ ਅਸੀ ਅਸਲ ਮਜ਼ਮੂਨ ਤੋਂ ਲਾਂਭੇ ਜਾ ਰਹੇ ਹਾਂ। ਇਹਨਾਂ ਕਹਾਣੀਆਂ ਦੇ ਗੰਦੇ ਹੋਣ ਜਾਂ ਨਾਂਹ ਹੋਣ ਦੀ ਜ਼ਿਮੇ-ਵਾਰੀ ਸਧਨਾ ਜੀ ਜਾਂ ਗੁਰੂ ਨਾਨਕ ਸਾਹਿਬ ਉਤੇ ਨਹੀਂ ਆ ਸਕਦੀ। ਹਿੰਦੂ ਦੇਵਤਿਆਂ ਦੀਆਂ ਇਹ ਕਹਾਣੀਆਂ ਹਿੰਦੂ ਜਨਤਾ ਵਿਚ ਆਮ ਪ੍ਰਚਲਤ ਹਨ।

ਹੁਣ ਤਕ ਦੀ ਵਿਚਾਰ ਵਿਚ ਅਸੀ ਹੇਠ-ਲਿਖੇ ਨਤੀਜਿਆਂ ਤੇ ਅੱਪੜ ਚੁਕੇ ਹਾਂ—

(੧)ਭਗਤ ਜੀ ਇਸ ਸ਼ਬਦ ਦੀ ਰਾਹੀਂ ਵਿਕਾਰਾਂ ਤੋਂ ਬਚਣ ਲਈ ਪਰਮਾਤਮਾ ਅੱਗੇ ਅਰਜ਼ੋਈ ਕਰ ਰਹੇ ਹਨ। ਵਿਸ਼ਨੂੰ-ਪੂਜਾ ਦਾ ਇਥੇ ਕੋਈ ਜ਼ਿਕਰ ਨਹੀਂ ਹੈ। ਨਾਂਹ ਹੀ ਜਾਨ-ਬਖ਼ਸ਼ੀ ਲਈ ਇਥੇ ਕੋਈ ਤਰਲੇ ਹਨ। ਸਾਖੀ ਮਨ-ਘੜਤ ਹੈ।

(੨) ਸਧਨਾ ਜੀ ਮੁਸਲਮਾਨ ਨਹੀਂ ਸਨ, ਹਿੰਦੂ ਘਰ ਦੇ ਜੰਮੇ ਪਲੇ ਸਨ।

(੩) ਸ਼ਬਦ ਦਾ ਭਾਵ ਨਿਰੋਲ ਗੁਰਮਤਿ ਅਨੁਸਾਰ ਹੈ।

—o—

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥

ਰਾਗੁ ਗੋਂਡ ਚਉਪਦੇ ਮਹਲਾ ੪ ਘਰੁ ੧ ॥

ਜੇ ਮਨਿ ਚਿਤਿ ਆਸ ਰਖਹਿ ਹਰਿ ਊਪਰਿ, ਤਾ ਮਨਚਿੰਦੇ ਅਨੇਕ ਅਨੇਕ ਫਲ ਪਾਈ ॥ ਹਰਿ ਜਾਣੈ ਸਭੁ ਕਿਛੁ ਜੋ ਜੀਇ ਵਰਤੈ ਪ੍ਰਭੁ ਘਾਲਿਆ ਕਿਸੈ ਕਾ ਇਕੁ ਤਿਲੁ ਨ ਗਵਾਈ ॥ ਹਰਿ ਤਿਸ ਕੀ ਆਸ ਕੀਜੈ ਮਨ ਮੇਰੇ ਜੋ ਸਭ ਮਹਿ ਸੁਆਮੀ ਰਹਿਆ ਸਮਾਈ ॥ ੧ ॥ ਮੇਰੇ ਮਨ ਆਸਾ ਕਰਿ ਜਗਦੀਸ ਗੁਸਾਈ ॥ ਜੋ ਬਿਨੁ ਹਰਿ ਆਸ ਅਵਰ ਕਾਹੂ ਕੀ ਕੀਜੈ ਸਾ ਨਿਹਫਲ ਆਸ ਸਭ ਬਿਰਥੀ ਜਾਈ ॥ ੧ ॥ਰਹਾਉ॥ ਜੋ ਦੀਸੈ ਮੋਹ ਮਾਇਆ ਕੁਟੰਬੁ ਸਭੁ ਮਤ ਤਿਸ ਕੀ ਆਸ ਲਗਿ ਜਨਮੁ ਗਵਾਈ ॥ ਇਨ੍ ਕੈ ਕਿਛੁ ਹਾਥਿ ਨਹੀ ਕਹਾ ਕਰਹਿ ਇਹਿ ਬਪੁੜੇ ਇਨ ਕਾ ਵਾਹਿਆ ਕਛੁ ਨ ਵਸਾਈ ॥ ਮੇਰੇ ਮਨ ਆਸ ਕਰਿ ਹਰਿ ਪ੍ਰੀਤਮ ਅਪੁਨੇ ਕੀ ਜੋ ਤੁਝੁ ਤਾਰੈ ਤੇਰਾ ਕੁਟੰਬੁ ਸਭੁ ਛਡਾਈ ॥ ੨ ॥ ਜੇ ਕਿਛੁ ਆਸ ਅਵਰ ਕਰਹਿ ਪਰਮਿਤ੍ਰੀ ਮਤ ਤੂੰ ਜਾਣਹਿ ਤੇਰੈ ਕਿਤੈ ਕੰਮਿ ਆਈ॥ਇਹ ਆਸ ਪਰਮਿਤ੍ਰੀ ਭਾਉ ਦੂਜਾ ਹੈ ਖਿਨ ਮਹਿ ਝੂਠੁ ਬਿਨਸਿ ਸਭ ਜਾਈ॥ ਮੇਰੇ ਮਨ ਆਸਾ ਕਰਿ ਹਰਿ ਪ੍ਰੀਤਮ ਸਾਚੇ ਕੀ ਜੋ ਤੇਰਾ ਘਾਲਿਆ ਸਭੁ ਥਾਇ ਪਾਈ ॥ ੩ ॥ ਆਸਾ ਮਨਸਾ ਸਭ ਤੇਰੀ ਮੇਰੇ ਸੁਆਮੀ ਜੈਸੀ ਤੂ ਆਸ ਕਰਾਵਹਿ ਤੈਸੀ ਕੋ ਆਸ ਕਰਾਈ ॥ ਕਿਛੁ ਕਿਸੀ ਕੈ ਹਥਿ ਨਾਹੀ ਮੇਰੇ ਸੁਆਮੀ ਐਸੀ ਮੇਰੈ ਸਤਿਗੁਰਿ ਬੂਝ ਬੁਝਾਈ॥ ਜਨ ਨਾਨਕ ਕੀ ਆਸ ਤੂ ਜਾਣਹਿ ਹਰਿ ਦਰਸਨੁ ਦੇਖਿ ਹਰਿ ਦਰਸਨਿ ਤ੍ਰਿਪਤਾਈ ॥ ੪ ॥ ੧ ॥ [ਪੰਨਾ ੮੫੯]

ਚਉਪਦੇ—ਚਾਰ ਬੰਦਾਂ ਵਾਲੇ ਸ਼ਬਦ।

ਪਦ ਅਰਥ :—ਮਨਿ—ਮਨ ਵਿਚ। ਚਿਤਿ—ਚਿੱਤ ਵਿਚ। ਮਨ ਚਿੰਦੇ—ਮਨ-ਮੰਗੇ। ਪਾਈ—ਪਾਈਂ, ਤੂੰ ਹਾਸਲ ਕਰ ਲਏਂਗਾ। ਜੀਇ—ਜੀ ਵਿਚ [ਲਫ਼ਜ਼ 'ਜੀਉ'ਤੋਂ 'ਜੀਇ' ਅਧਿਕਰਣ ਕਾਰਕ ਇਕ ਵਚਨ]। ਘਾਲਿਆ—ਕੀਤੀ ਹੋਈ ਮੇਹਨਤ। ਹਰਿ ਤਿਸ ਕੀ—'ਤਿਸੁ ਹਰੀ ਕੀ', ਉਸ ਪਰਮਾਤਮਾ ਦੀ [ਲਫ਼ਜ਼ 'ਤਿਸੁ' ਦਾ ਸੰਬੰਧਕ 'ਕੀ' ਦੇ

ਕਾਰਨ ਉੱਡ ਗਿਆ ਹੈ] । ੧ ।

ਮਨ–ਹੇ ਮਨ ! ਜਗਦੀਸ–[ਜਗਤ-ਈਸ] ਜਗਤ ਦਾ ਮਾਲਕ । ਅਵਰ ਕਾਹੂ ਕੀ –ਕਾਹੂ ਅਵਰ ਕੀ, ਕਿਸੇ ਹੋਰ ਦੀ । ਸਭ–ਸਾਰੀ । ਬਿਰਥੀ–ਵਿਅਰਥ । ਜਾਈ–ਜਾਂਦੀ ਹੈ । ੧ । ਰਹਾਉ ।

ਸਭੁ–ਸਾਰਾ । ਮਤ ਗਵਾਈ–ਮਤ ਗਵਾਈਂ, ਕਿਤੇ ਗਵਾ ਨਾਂਹ ਲਈਂ । ਇਨ੍ ਕੈ ਹਾਥਿ–ਇਹਨਾਂ ਦੇ ਹੱਥ ਵਿਚ । ਇਹਿ–[ਲਫ਼ਜ਼ 'ਇਹ' ਤੋਂ ਬਹੁ ਵਚਨ] । ਬਪੁੜੇ–ਵਿਚਾਰੇ । ਵਾਹਿਆ–ਲਾਈ ਹੋਈ ਵਾਹ, ਲਾਇਆ ਹੋਇਆ ਜ਼ੋਰ । ਨ ਵਸਾਈ–ਵੱਸ ਨਹੀਂ ਚੱਲਦਾ, ਸਫਲ ਨਹੀਂ ਹੁੰਦਾ । ਤਾਰੈ–ਪਾਰ ਲੰਘਾਂਦਾ ਹੈ । ੨ ।

ਪਰਮਿਤ੍ਰੀ–[ਪ੍ਰਸਿਤ–ਮਾਇਆ] ਮਾਇਆ ਦੀ । ਕਰਹਿ–ਤੂੰ ਕਰੇਂਗਾ । ਕਿਤੈ ਕੰਮਿ–ਕਿਸੇ ਭੀ ਕੰਮ ਵਿਚ । ਪਰਮਿਤ੍ਰੀ ਆਸ–ਮਾਇਆ ਦੀ ਆਸ । ਭਾਉ ਦੂਜਾ–ਪ੍ਰਭੂ ਤੋਂ ਬਿਨਾ ਹੋਰ ਪਿਆਰ । ਥਾਇ ਪਾਈ–ਸਫਲ ਕਰੇਗਾ । ੩ ।

ਮਨਸਾ–[ਮਨੀਸ਼ਾ] ਮਨ ਦਾ ਫੁਰਨਾ । ਸੁਆਮੀ–ਹੇ ਸੁਆਮੀ! ਕੋ–ਕੋਈ ਜੀਵ । ਕਿਸੀ ਕੈ ਹਥਿ–ਕਿਸੇ ਭੀ ਜੀਵ ਦੇ ਹੱਥ ਵਿਚ । ਮੇਰੈ ਸਤਿਗੁਰਿ–ਮੇਰੇ ਗੁਰੂ ਨੇ । ਬੂਝ–ਸਮਝ । ਦੇਖਿ–ਵੇਖ ਕੇ । ਦਰਸਨਿ–ਦਰਸ਼ਨ ਦੀ ਬਰਕਤ ਨਾਲ । ਤ੍ਰਿਪਤਾਈ–ਮਨ ਰੱਜ ਜਾਂਦਾ ਹੈ । ੪ ।

ਅਰਥ :–ਹੇ ਮੇਰੇ ਮਨ ! ਜਗਤ ਦੇ ਮਾਲਕ ਧਰਤੀ ਦੇ ਸਾਈਂ ਦੀ (ਸਹਾਇਤਾ ਦੀ) ਆਸ ਰੱਖਿਆ ਕਰ । ਪਰਮਾਤਮਾ ਤੋਂ ਬਿਨਾ ਜੇਹੜੀ ਭੀ ਕਿਸੇ ਹੋਰ ਦੀ ਆਸ ਕਰੀਦੀ ਹੈ, ਉਹ ਆਸ ਸਫਲ ਨਹੀਂ ਹੁੰਦੀ, ਉਹ ਆਸ ਵਿਅਰਥ ਜਾਂਦੀ ਹੈ । ੧ । ਰਹਾਉ ।

ਹੇ ਭਾਈ ! ਜੇ ਤੂੰ ਆਪਣੇ ਮਨ ਵਿਚ ਆਪਣੇ ਚਿੱਤ ਵਿਚ ਸਿਰਫ਼ ਪਰਮਾਤਮਾ ਉਤੇ ਭਰੋਸਾ ਰੱਖੇਂ, ਤਾਂ ਤੂੰ ਅਨੇਕਾਂ ਹੀ ਮਨ-ਮੰਗੇ ਫਲ ਹਾਸਲ ਕਰ ਲਏਂਗਾ,(ਕਿਉਂਕਿ) ਪਰਮਾਤਮਾ ਉਹ ਸਭ ਕੁਝ ਜਾਣਦਾ ਹੈ ਜੋ (ਅਸਾਂ ਜੀਵਾਂ ਦੇ) ਮਨ ਵਿਚ ਵਰਤਦਾ ਹੈ, ਅਤੇ, ਪਰਮਾਤਮਾ ਕਿਸੇ ਦੀ ਕੀਤੀ ਹੋਈ ਮਿਹਨਤ ਰਤਾ ਭਰ ਭੀ ਅਜਾਈਂ ਨਹੀਂ ਜਾਣ ਦੇਂਦਾ । ਸੋ, ਹੇ ਮੇਰੇ ਮਨ ! ਉਸ ਮਾਲਕ-ਪਰਮਾਤਮਾ ਦੀ ਸਦਾ ਆਸ ਰੱਖ, ਜੇਹੜਾ ਸਭ ਜੀਵਾਂ ਵਿਚ ਮੌਜੂਦ ਹੈ । ੧ ।

ਹੇ ਮੇਰੇ ਮਨ ! ਜੋ ਇਹ ਸਾਰਾ ਪਰਵਾਰ ਦਿੱਸ ਰਿਹਾ ਹੈ, ਇਹ ਮਾਇਆ ਦੇ ਮੋਹ (ਦਾ ਮੂਲ) ਹੈ । ਇਸ ਪਰਵਾਰ ਦੀ ਆਸ ਰੱਖ ਕੇ ਕਿਤੇ ਆਪਣਾ ਜੀਵਨ ਵਿਅਰਥ ਨਾਂਹ ਗਵਾ ਲਈਂ । ਇਹਨਾਂ ਸੰਬੰਧੀਆਂ ਦੇ ਹੱਥ ਵਿਚ ਕੁਝ ਨਹੀਂ । ਇਹ ਵਿਚਾਰੇ ਕੀਹ ਕਰ ਸਕਦੇ ਹਨ ? ਇਹਨਾਂ ਦਾ ਲਾਇਆ ਹੋਇਆ ਜ਼ੋਰ ਸਫਲ ਨਹੀਂ ਹੋ ਸਕਦਾ । ਸੋ,

ਹੇ ਮੇਰੇ ਮਨ ! ਆਪਣੇ ਪ੍ਰੀਤਮ ਪ੍ਰਭੂ ਦੀ ਹੀ ਆਸ ਰੱਖ, ਉਹੀ ਤੈਨੂੰ ਪਾਰ ਲੰਘਾ ਸਕਦਾ ਹੈ, ਤੇਰੇ ਪਰਵਾਰ ਨੂੰ ਭੀ (ਹਰੇਕ ਬਿਪਤਾ ਤੋਂ) ਛੁਡਾ ਸਕਦਾ ਹੈ। ੨।

ਹੇ ਭਾਈ ! ਜੇ ਤੂੰ(ਪ੍ਰਭੂ ਨੂੰ ਛੱਡ ਕੇ)ਹੋਰ ਮਾਇਆ ਆਦਿਕ ਦੀ ਆਸ ਬਣਾਇੰਗਾ, ਕਿਤੇ ਇਹ ਨਾਂਹ ਸਮਝ ਲਈਂ ਕਿ ਮਾਇਆ ਤੇਰੇ ਕਿਸੇ ਕੰਮ ਆਵੇਗੀ। ਮਾਇਆ ਵਾਲੀ ਆਸ (ਪ੍ਰਭੂ ਤੋਂ ਬਿਨਾ) ਦੂਜਾ ਪਿਆਰ ਹੈ, ਇਹ ਸਾਰਾ ਝੂਠਾ ਪਿਆਰ ਹੈ, ਇਹ ਤਾਂ ਇਕ ਖਿਨ ਵਿਚ ਨਾਸ ਹੋ ਜਾਇਗਾ। ਹੇ ਮੇਰੇ ਮਨ ! ਸਦਾ ਕਾਇਮ ਰਹਿਣ ਵਾਲੇ ਪ੍ਰੀਤਮ ਪ੍ਰਭੂ ਦੀ ਹੀ ਆਸ ਰੱਖ, ਉਹ ਪ੍ਰਭੂ ਤੇਰੀ ਕੀਤੀ ਹੋਈ ਸਾਰੀ ਮੇਹਨਤ ਸਫਲ ਕਰੇਗਾ। ੩।

ਪਰ, ਹੇ ਮੇਰੇ ਮਾਲਕ-ਪ੍ਰਭੂ!ਤੇਰੀ ਹੀ ਪ੍ਰੇਰਨਾ ਨਾਲ ਜੀਵ ਆਸਾਂ ਧਾਰਦਾ ਹੈ,ਮਨ ਦੇ ਫੁਰਨੇ ਬਣਾਂਦਾ ਹੈ। ਹਰੇਕ ਜੀਵ ਉਹੋ ਜਿਹੀ ਹੀ ਆਸ ਧਾਰਦਾ ਹੈ ਜਿਹੋ ਜਿਹੀ ਤੂੰ ਪ੍ਰੇਰਨਾ ਕਰਦਾ ਹੈਂ। ਹੇ ਮੇਰੇ ਮਾਲਕ ! ਕਿਸੇ ਭੀ ਜੀਵ ਦੇ ਕੁਝ ਵੱਸ ਨਹੀਂ–ਮੈਨੂੰ ਤਾਂ ਮੇਰੇ ਗੁਰੂ ਨੇ ਇਹ ਸੂਝ ਬਖ਼ਸ਼ੀ ਹੈ। ਹੇ ਪ੍ਰਭੂ ! (ਆਪਣੇ) ਦਾਸ ਨਾਨਕ ਦੀ (ਧਾਰੀ ਹੋਈ) ਆਸ ਤੂੰ ਆਪ ਹੀ ਜਾਣਦਾ ਹੈਂ (ਉਹ ਤਾਂਘ ਇਹ ਹੈ ਕਿ) ਪ੍ਰਭੂ ਦਾ ਦਰਸ਼ਨ ਕਰ ਕੇ (ਨਾਨਕ ਦਾ ਮਨ) ਦਰਸ਼ਨ ਦੀ ਬਰਕਤ ਨਾਲ (ਮਾਇਆ ਦੀਆਂ ਆਸਾਂ ਵੱਲੋਂ) ਰੱਜਿਆ ਰਹੇ। ੪। ੧।

ਗੋਂਡ ਮਹਲਾ ੪ ॥ ਐਸਾ ਹਰਿ ਸੇਵੀਐ ਨਿਤ ਧਿਆਈਐ ਜੋ ਖਿਨ ਮਹਿ ਕਿਲਵਿਖ ਸਭਿ ਕਰੇ ਬਿਨਾਸਾ॥ ਜੇ ਹਰਿ ਤਿਆਗਿ ਅਵਰ ਕੀ ਆਸ ਕੀਜੈ ਤਾ ਹਰਿ ਨਿਹਫਲ ਸਭ ਘਾਲ ਗਵਾਸਾ ॥ ਮੇਰੇ ਮਨ ਹਰਿ ਸੇਵਿਹੁ ਸੁਖਦਾਤਾ ਸੁਆਮੀ ਜਿਸੁ ਸੇਵਿਐ ਸਭ ਭੁਖ ਲਹਾਸਾ ॥ ੧ ॥ ਮੇਰੇ ਮਨ ਹਰਿ ਊਪਰਿ ਕੀਜੈ ਭਰਵਾਸਾ ॥ ਜਹ ਜਾਈਐ ਤਹ ਨਾਲਿ ਮੇਰਾ ਸੁਆਮੀ ਹਰਿ ਅਪਨੀ ਪੈਜ ਰਖੈ ਜਨ ਦਾਸਾ ॥ ੧ ॥ ਰਹਾਉ ॥ ਜੇ ਅਪਨੀ ਬਿਰਥਾ ਕਹਹੁ ਅਵਰਾ ਪਹਿ ਤਾ ਆਗੈ ਅਪਨੀ ਬਿਰਥਾ ਬਹੁ ਬਹੁਤੁ ਕਢਾਸਾ ॥ ਅਪਨੀ ਬਿਰਥਾ ਕਹਹੁ ਹਰਿ ਅਪੁਨੇ ਸੁਆਮੀ ਪਹਿ ਜੋ ਤੁਮ੍ਰੇ ਦੂਖ ਤਤਕਾਲ ਕਟਾਸਾ ॥ ਸੋ ਐਸਾ ਪ੍ਰਭੁ ਛੋਡਿ ਅਪਨੀ ਬਿਰਥਾ ਅਵਰਾ ਪਹਿ ਕਹੀਐ ਅਵਰਾ ਪਹਿ ਕਹਿ ਮਨ ਲਾਜ ਮਰਾਸਾ ॥ ੨ ॥ ਜੋ ਸੰਸਾਰੈ ਕੇ ਕੁਟੰਬ ਮਿਤ੍ਰ ਭਾਈ ਦੀਸਹਿ ਮਨ ਮੇਰੇ ਤੇ ਸਭਿ ਅਪਨੈ ਸੁਆਇ ਮਿਲਾਸਾ॥ ਜਿਤੁ ਦਿਨਿ ਉਨ ਕਾ ਸੁਆਉ ਹੋਇ ਨ ਆਵੈ ਤਿਤੁ ਦਿਨਿ ਨੇੜੈ ਕੋ ਨ ਢੁਕਾਸਾ ॥ ਮਨ ਮੇਰੇ ਅਪਨਾ ਹਰਿ ਸੇਵਿ ਦਿਨੁ ਰਾਤੀ ਜੋ ਤੁਧੁ ਉਪਕਰੈ ਦੂਖਿ ਸੁਖਾਸਾ ॥੩॥

ਤਿਸ ਕਾ ਭਰਵਾਸਾ ਕਿਉ ਕੀਜੈ ਮਨ ਮੇਰੇ ਜੋ ਅੰਤੀ ਅਉਸਰਿ ਰਖਿ ਨ ਸਕਾਸਾ ॥ ਹਰਿ ਜਪੁ ਮੰਤੁ ਗੁਰ ਉਪਦੇਸੁ ਲੈ ਜਾਪਹੁ ਤਿਨ੍ ਅੰਤਿ ਛਡਾਏ ਜਿਨ੍ ਹਰਿ ਪ੍ਰੀਤਿ ਚਿਤਾਸਾ ॥ ਜਨ ਨਾਨਕ ਅਨਦਿਨੁ ਨਾਮੁ ਜਪਹੁ ਹਰਿ ਸੰਤਹੁ ਇਹੁ ਛੂਟਣ ਕਾ ਸਾਚਾ ਭਰਵਾਸਾ ॥੪॥੨॥ [ਪੰਨਾ ੮੬੦]

ਪਦ ਅਰਥ :-ਸੇਵੀਐ-ਸਿਮਰਨਾ ਚਾਹੀਦਾ ਹੈ। ਧਿਆਈਐ-ਧਿਆਨ ਧਰਨਾ ਚਾਹੀਦਾ ਹੈ। ਕਿਲਵਿਖ-ਪਾਪ। ਸਭਿ-ਸਾਰੇ। ਤਿਆਗਿ-ਤਿਆਗ ਕੇ। ਕੀਜੈ-ਕੀਤੀ ਜਾਏ। ਘਾਲ-ਮੇਹਨਤ। ਮਨ-ਹੇ ਮਨ ! ਜਿਸੁ ਸੇਵਿਐ-ਜਿਸ ਦੀ ਸੇਵਾ-ਭਗਤੀ ਕੀਤਿਆਂ। ਸਭ ਭੁਖ-ਸਾਰੀ ਤ੍ਰਿਸ਼ਨਾ। ਲਹਾਸਾ-ਲਹਿ ਜਾਂਦੀ ਹੈ। ੧।

ਕੀਜੈ-ਕਰਨਾ ਚਾਹੀਦਾ ਹੈ। ਜਹ-ਜਿੱਥੇ। ਪੈਜ-ਲਾਜ, ਇੱਜ਼ਤ। ੧। ਰਹਾਉ।

ਬਿਰਥਾ-[ਵ੍ਯਥਾ] ਪੀੜਾ, ਦੁੱਖ। ਪਹਿ-ਪਾਸ, ਕੋਲ। ਕਢਾਸਾ-ਕੱਢਦੇ ਹਨ, ਸੁਣਾਂਦੇ ਹਨ। ਤਤਕਾਲ-ਤੁਰਤ। ਛੋਡਿ-ਛੱਡ ਕੇ। ਕਹੀਐ-ਜੇ ਆਖੀਏ। ਕਹਿ-ਆਖ ਕੇ। ਮਨ-ਹੇ ਮਨ! ਲਾਜ ਮਰਾਸਾ-ਸ਼ਰਮ ਨਾਲ ਮਰੀਦਾ ਹੈ, ਸ਼ਰਮਿੰਦਾ ਹੋਵੀਦਾ ਹੈ।੨।

ਦੀਸਹਿ-ਦਿੱਸਦੇ ਹਨ। ਅਪਨੈ ਸੁਆਇ-ਅਪਣੀ ਗ਼ਰਜ਼ ਦੇ ਕਾਰਨ[ਸੁਆਇ-ਲਫ਼ਜ਼ 'ਸੁਆਉ' ਤੋਂ 'ਕਰਨ ਕਾਰਕ', ਇਕ ਵਚਨ]। ਜਿਤੁ-ਜਿਸ ਵਿਚ। ਦਿਨਿ-ਦਿਨ ਵਿਚ। ਜਿਤੁ ਦਿਨਿ-ਜਿਸ ਦਿਨ ਵਿਚ। ਸੁਆਉ-ਮਨੋਰਥ, ਗ਼ਰਜ਼। ਹੋਇ ਨਾ ਆਵੈ-ਪੂਰਾ ਨਾਂਹ ਹੋ ਸਕੇ। ਤਿਤੁ-ਉਸ ਵਿਚ। ਤਿਤੁ ਦਿਨਿ-ਉਸ ਦਿਨ ਵਿਚ (on that day)। ਸੇਵਿ-ਸਿਮਰ। ਉਪਕਰੈ-ਪੁੱਕਰਦਾ ਹੈ, (ਦੁਖ ਸੁਖ ਵੇਲੇ)ਬਹੁੜਦਾ ਹੈ। ਦੂਖਿ-ਦੁਖ ਵਿਚ, ਦੁਖ ਵੇਲੇ। ੩।

ਤਿਸ ਕਾ-[ਲਫ਼ਜ਼ 'ਤਿਸੁ ਦਾ_ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ]। ਅੰਤੀ-ਅਖ਼ੀਰਲੇ। ਅਉਸਰਿ-ਅਉਸਰ ਵਿਚ, ਸਮੇ ਵਿਚ, ਮੌਕੇ ਤੇ। ਲੈ-ਲੈ ਕੇ। ਅੰਤਿ-ਅਖ਼ੀਰਲੇ ਸਮੇ। ਅਨਦਿਨੁ-[अनुदिनं] ਹਰ ਰੋਜ਼। ਸੰਤਹੁ-ਹੇ ਸੰਤ ਜਨੋ ! ੪।

ਅਰਥ :-ਹੇ ਮੇਰੇ ਮਨ ! (ਸਦਾ) ਪਰਮਾਤਮਾ ਉਤੇ ਭਰੋਸਾ ਰੱਖਣਾ ਚਾਹੀਦਾ ਹੈ, ਕਿਉਂਕਿ, ਹੇ ਮੇਰੇ ਮਨ ! ਜਿੱਥੇ ਭੀ ਜਾਈਏ, ਉਹ ਮੇਰਾ ਮਾਲਕ-ਪ੍ਰਭੂ ਸਦਾ ਅੰਗ-ਸੰਗ ਰਹਿੰਦਾ ਹੈ, ਤੇ, ਉਹ ਪ੍ਰਭੂ ਆਪਣੇ ਦਾਸਾਂ ਦੀ ਆਪਣੇ ਸੇਵਕਾਂ ਦੀ ਇੱਜ਼ਤ ਰੱਖਦਾ ਹੈ। ੧। ਰਹਾਉ।

ਹੇ ਮੇਰੇ ਮਨ ! ਜੇਹੜਾ ਹਰੀ ਇਕ ਖਿਨ ਵਿਚ ਸਾਰੇ ਪਾਪ ਨਾਸ ਕਰ ਸਕਦਾ ਹੈ, ਸਦਾ ਉਸ ਨੂੰ ਸਿਮਰਨਾ ਚਾਹੀਦਾ ਹੈ, ਸਦਾ ਉਸ ਦਾ ਧਿਆਨ ਧਰਨਾ ਚਾਹੀਦਾ ਹੈ। ਹੇ ਮਨ ! ਜੇ ਪਰਮਾਤਮਾ ਨੂੰ ਛੱਡ ਕੇ ਕਿਸੇ ਹੋਰ ਦੀ (ਸਹਾਇਤਾ ਦੀ) ਆਸ ਰੱਖੀਏ, ਤਾਂ

ਉਹ ਪਰਮਾਤਮਾ (ਜੀਵ ਦੀ ਉਸ) ਸਾਰੀ ਕੀਤੀ ਮੇਹਨਤ ਨੂੰ ਅਸਫਲ ਕਰ ਦੇਂਦਾ ਹੈ, ਜ਼ਾਇਆ ਕਰ ਦੇਂਦਾ ਹੈ। ਸੋ, ਹੇ ਮੇਰੇ ਮਨ! ਸਾਰੇ ਸੁਖ ਦੇਣ ਵਾਲੇ ਮਾਲਕ ਹਰੀ ਦਾ ਸਿਮਰਨ ਕਰਿਆ ਕਰ, ਉਸ ਦਾ ਸਿਮਰਨ ਕਰਨ ਨਾਲ ਸਾਰੀ ਤ੍ਰਿਸ਼ਨਾ-ਭੁੱਖ ਲਹਿ ਜਾਂਦੀ ਹੈ।੧।

ਹੇ ਭਾਈ! ਜੋ ਤੂੰ ਆਪਣਾ ਕੋਈ ਦੁੱਖ-ਦਰਦ (ਪ੍ਰਭੂ ਨੂੰ ਛੱਡ ਕੇ) ਹੋਰਨਾਂ ਅੱਗੇ ਪੇਸ਼ ਕਰਦਾ ਫਿਰੇਂਗਾ, ਤਾਂ ਉਹ ਲੋਕ ਅੱਗੋਂ ਆਪਣੇ ਅਨੇਕਾਂ ਦੁੱਖ-ਦਰਦ ਸੁਣਾ ਦੇਣਗੇ। ਹੇ ਭਾਈ! ਆਪਣਾ ਹਰੇਕ ਦੁੱਖ-ਦਰਦ ਆਪਣੇ ਮਾਲਕ ਪਰਮਾਤਮਾ ਪਾਸ ਹੀ ਬਿਆਨ ਕਰ, ਉਹ ਤਾਂ ਤੇਰੇ ਸਾਰੇ ਦੁੱਖ ਤੁਰਤ ਕੱਟ ਕੇ ਰੱਖ ਦੇਵੇਗਾ। ਹੇ ਭਾਈ! ਜੇ ਇਹੋ ਜਿਹੇ ਸਮਰੱਥ ਪ੍ਰਭੂ ਨੂੰ ਛੱਡ ਕੇ ਆਪਣੀ ਪੀੜਾ ਹੋਰਨਾਂ ਅੱਗੇ ਪੇਸ਼ ਕੀਤੀ ਜਾਇਗੀ, ਹੋਰਨਾਂ ਪਾਸ ਆਖ ਕੇ, ਹੇ ਮਨ! ਸ਼ਰਮਿੰਦਾ ਹੋਣਾ ਪੈਂਦਾ ਹੈ।੨।

ਹੇ ਮੇਰੇ ਮਨ! ਦੁਨੀਆ ਵਾਲੇ ਇਹ ਸਾਕ-ਅੰਗ, ਮਿੱਤਰ, ਭਰਾ ਜੇਹੜੇ ਭੀ ਦਿੱਸਦੇ ਹਨ, ਇਹ ਤਾਂ ਆਪੋ ਆਪਣੀ ਗ਼ਰਜ਼ ਦੀ ਖ਼ਾਤਰ ਹੀ ਮਿਲਦੇ ਹਨ। ਜਦੋਂ ਉਹਨਾਂ ਦੀ ਗ਼ਰਜ਼ ਪੂਰੀ ਨਾਂਹ ਹੋ ਸਕੇ, ਤਦੋਂ ਉਹਨਾਂ ਵਿਚੋਂ ਕੋਈ ਭੀ ਨੇੜੇ ਨਹੀਂ ਢੁਹਦਾ। ਸੋ, ਹੇ ਮੇਰੇ ਮਨ! ਦਿਨ ਰਾਤ ਹਰ ਵੇਲੇ ਆਪਣੇ ਪ੍ਰਭੂ ਦਾ ਸਿਮਰਨ ਕਰਦਾ ਰਹੁ, ਉਹੀ ਹਰੇਕ ਦੁਖ ਸੁਖ ਵਿਚ ਤੈਨੂੰ ਪੁੱਕਰ ਸਕਦਾ ਹੈ।੩।

ਹੇ ਮੇਰੇ ਮਨ! ਜੇਹੜਾ ਕੋਈ ਅੰਤਲੇ ਸਮੇ (ਮੌਤ ਪਾਸੋਂ ਸਾਨੂੰ) ਬਚਾ ਨਹੀਂ ਸਕਦਾ, ਉਸ ਦਾ ਭਰੋਸਾ ਨਹੀਂ ਕਰਨਾ ਚਾਹੀਦਾ ਹੈ। ਗੁਰੂ ਦਾ ਉਪਦੇਸ਼ ਲੈ ਕੇ (ਗੁਰੂ ਦੀ ਸਿੱਖਿਆ ਉਤੇ ਤੁਰ ਕੇ) ਪਰਮਾਤਮਾ ਦਾ ਨਾਮ-ਮੰਤ੍ਰ ਜਪਿਆ ਕਰ। ਜਿਨ੍ਹਾਂ ਮਨੁੱਖਾਂ ਦੇ ਚਿੱਤ ਵਿਚ ਪਰਮਾਤਮਾ ਦਾ ਪਿਆਰ ਵੱਸਦਾ ਹੈ, ਉਹਨਾਂ ਨੂੰ ਪਰਮਾਤਮਾ ਅਖ਼ੀਰ ਵੇਲੇ। (ਜਮਾਂ ਦੇ ਡਰ ਤੋਂ) ਛੁਡਾ ਲੈਂਦਾ ਹੈ। ਹੇ ਦਾਸ ਨਾਨਕ! (ਆਖ–) ਹੇ ਸੰਤ ਜਨੋ! ਹਰ ਵੇਲੇ ਪਰਮਾਤਮਾ ਦਾ ਨਾਮ ਜਪਿਆ ਕਰੋ। (ਦੁੱਖਾਂ ਕਲੇਸ਼ਾਂ ਤੋਂ) ਬਚਣ ਦਾ ਇਹੀ ਪੱਕਾ ਵਸੀਲਾ ਹੈ।੪।੨।

ਗੋਂਡ ਮਹਲਾ ੪ ॥ ਹਰਿ ਸਿਮਰਤ ਸਦਾ ਹੋਇ ਅਨੰਦੁ ਸੁਖੁ, ਅੰਤਰਿ ਸਾਂਤਿ ਸੀਤਲ ਮਨੁ ਅਪਨਾ ॥ ਜੈਸੇ ਸਕਤਿ ਸੂਰੁ ਬਹੁ ਜਲਤਾ, ਗੁਰ ਸਸਿ ਦੇਖੇ ਲਹਿ ਜਾਇ ਸਭ ਤਪਨਾ ॥ ੧ ॥ ਮੇਰੇ ਮਨ ਅਨਦਿਨੁ ਧਿਆਇ ਨਾਮੁ ਹਰਿ ਜਪਨਾ ॥ ਜਹਾ ਕਹਾ ਤੁਝੁ ਰਾਖੈ ਸਭ ਠਾਈ ਸੋ ਐਸਾ ਪ੍ਰਭੁ ਸੇਵਿ ਸਦਾ ਤੂ ਅਪਨਾ ॥ ੧ ॥ ਰਹਾਉ ॥ ਜਾ ਮਹਿ ਸਭਿ ਨਿਧਾਨ ਸੋ ਹਰਿ ਜਪਿ ਮਨ ਮੇਰੇ ਗੁਰਮੁਖਿ ਖੋਜਿ ਲਹਹੁ ਹਰਿ ਰਤਨਾ ॥ ਜਿਨ ਹਰਿ ਧਿਆਇਆ ਤਿਨ

ਹਰਿ ਪਾਇਆ ਮੇਰਾ ਸੁਆਮੀ ਤਿਨ ਕੇ ਚਰਣ ਮਲਹੁ ਹਰਿ ਦਸਨਾ ॥ ੨ ॥ ਸਬਦੁ ਪਛਾਣਿ ਰਾਮ ਰਸੁ ਪਾਵਹੁ ਓਹੁ ਊਤਮੁ ਸੰਤੁ ਭਇਓ ਬਡ ਬਡਨਾ ॥ ਤਿਸੁ ਜਨ ਕੀ ਵਡਿਆਈ ਹਰਿ ਆਪਿ ਵਧਾਈ ਓਹ ਘਟੈ ਨ ਕਿਸੈ ਕੀ ਘਟਾਈ ਇਕੁ ਤਿਲੁ ਤਿਲੁ ਤਿਲਨਾ ॥ ੩ ॥ ਜਿਸ ਤੇ ਸੁਖ ਪਾਵਹਿ ਮਨ ਮੇਰੇ ਸੋ ਸਦਾ ਧਿਆਇ ਨਿਤ ਕਰ ਜੁਰਨਾ ॥ ਜਨ ਨਾਨਕ ਕਉ ਹਰਿ ਦਾਨੁ ਇਕੁ ਦੀਜੈ ਨਿਤ ਬਸਹਿ ਰਿਦੈ ਹਰੀ ਮੋਹਿ ਚਰਨਾ ॥੪॥੩॥ [੮੬੦]

ਪਦ ਅਰਥ :-ਸਿਮਰਤ-ਸਿਮਰਦਿਆਂ । ਅੰਤਰਿ-ਹਿਰਦੇ ਵਿਚ । ਸੀਤਲ-ਠੰਢਾ । ਸਕਤਿ-ਮਾਇਆ । ਸੂਰੁ-ਸੂਰਜ । ਜਲਤਾ-ਤਪਦਾ । ਸਸਿ-ਚੰਦ੍ਰਮਾ । ਤਪਨ-ਤਪਸ਼ । ੧ ।

ਮਨ-ਹੇ ਮਨ ! ਅਨਦਿਨੁ-ਹਰ ਰੋਜ਼, ਹਰ ਵੇਲੇ । ਜਹਾ ਕਹਾ-ਜਿੱਥੇ ਕਿੱਥੇ, ਹਰ ਥਾਂ । ਠਾਈ-ਥਾਈਂ । ਸੇਵਿ-ਸਿਮਰ । ੧ । ਰਹਾਉ ।

ਜਾ ਮਹਿ-ਜਿਸ (ਹਰੀ) ਵਿਚ । ਸਭਿ-ਸਾਰੇ । ਨਿਧਾਨ-ਖ਼ਜ਼ਾਨੇ । ਗੁਰਮੁਖਿ-ਗੁਰੂ ਦੀ ਸਰਨ ਪੈ ਕੇ । ਖੋਜਿ-ਖੋਜ ਕੇ । ਲਹਹੁ-ਲੱਭੋ । ਜਿਸ-ਜਿਨ੍ਹਾਂ ਨੇ [ਜਿਨਿ-ਜਿਸ ਨੇ] । ਤਿਨ ਕੇ ਹਰਿ ਦਸਨਾ-ਤਿਨ ਹਰਿ ਦਸਨਾ ਕੇ, ਉਹਨਾਂ ਹਰੀ ਦੇ ਦਾਸਾਂ ਦੇ । ੨ ।

ਪਛਾਣਿ-ਪਛਾਣ ਕੇ, ਸਾਂਝ ਪਾ ਕੇ । ਬਡ ਬਡਨਾ-ਬਹੁਤ ਵੱਡਾ । ਓਹ-ਉਹ ਵਡਿਆਈ । ੩ ।

ਜਿਸ ਤੇ-[ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਤੇ' ਦੇ ਕਾਰਨ ਉੱਡ ਗਿਆ ਹੈ] । ਕਰ-ਹੱਥ [ਬਹੁ ਵਚਨ] । ਜੁਰਨਾ-ਜੋੜ ਕੇ । ਕਉ-ਨੂੰ । ਹਰਿ-ਹੇ ਹਰੀ ! ਮੋਹਿ ਰਿਦੈ-ਮੇਰੇ ਹਿਰਦੇ ਵਿਚ । ੪ ।

ਅਰਥ :-ਹੇ-ਮੇਰੇ ਮਨ ! ਹਰ ਵੇਲੇ ਪਰਮਾਤਮਾ ਦੇ ਨਾਮ ਦਾ ਧਿਆਨ ਧਰ, ਪ੍ਰਭੂ ਦਾ ਨਾਮ ਜਪਦਾ ਰਹੁ । ਹੇ ਮਨ ! ਉਹ ਪ੍ਰਭੂ ਹਰ ਥਾਂ ਹੀ ਤੇਰੀ ਰਾਖੀ ਕਰਨ ਵਾਲਾ ਹੈ, ਉਸ ਆਪਣੇ ਪ੍ਰਭੂ ਨੂੰ ਸਦਾ ਹੀ ਸਿਮਰਦਾ ਰਹੁ । ੧ । ਰਹਾਉ ।

ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰਦਿਆਂ ਸਦਾ ਸੁਖ ਆਨੰਦ ਬਣਿਆ ਰਹਿੰਦਾ ਹੈ, ਹਿਰਦੇ ਵਿਚ ਸ਼ਾਂਤੀ ਟਿਕੀ ਰਹਿੰਦੀ ਹੈ, ਮਨ ਠੰਢਾ-ਠਾਰ ਰਹਿੰਦਾ ਹੈ । ਜਿਵੇਂ ਮਾਇਆ ਦਾ ਸੂਰਜ ਬਹੁਤ ਤਪਦਾ ਹੋਵੇ, ਤੇ, ਗੁਰੂ-ਚੰਦ੍ਰਮਾ ਦਾ ਦਰਸ਼ਨ ਕੀਤਿਆਂ (ਮਾਇਆ ਦੇ ਮੋਹ ਦੀ) ਸਾਰੀ ਤਪਸ਼ ਦੂਰ ਹੋ ਜਾਂਦੀ ਹੈ । ੧ ।

ਹੇ ਮੇਰੇ ਮਨ ! ਉਸ ਪ੍ਰਭੂ ਦਾ ਨਾਮ ਜਪਿਆ ਕਰ, ਜਿਸ ਵਿਚ ਸਾਰੇ ਹੀ ਖ਼ਜ਼ਾਨੇ

ਹਨ। ਗੁਰੂ ਦੀ ਸਰਨ ਪੈ ਕੇ ਹਰਿ-ਨਾਮ-ਰਤਨ ਨੂੰ (ਆਪਣੇ ਅੰਦਰੋਂ) ਖੋਜ ਕੇ ਲੱਭ ਲੈ। ਜਿਨ੍ਹਾਂ ਮਨੁੱਖਾਂ ਨੇ ਹਰਿ-ਨਾਮ ਵਿਚ ਧਿਆਨ ਜੋੜਿਆ, ਉਹਨਾਂ ਨੇ ਹਰੀ ਦਾ ਮਿਲਾਪ ਹਾਸਲ ਕਰ ਲਿਆ। ਹੇ ਮਨ! ਉਹਨਾਂ ਹਰੀ ਦੇ ਦਾਸਾਂ ਦੇ ਚਰਨ ਘੁੱਟਿਆ ਕਰ। ੨।

ਹੇ ਮਨ! ਗੁਰੂ ਦੇ ਸ਼ਬਦ ਨਾਲ ਸਾਂਝ ਪਾ ਕੇ ਹਰਿ-ਨਾਮ ਦਾ ਰਸ ਪ੍ਰਾਪਤ ਕਰ। (ਜੇਹੜਾ ਮਨੁੱਖ ਇਹ ਨਾਮ-ਰਸ ਹਾਸਲ ਕਰਦਾ ਹੈ) ਉਹ ਸ੍ਰੇਸ਼ਟ ਸੰਤ ਹੈ ਉਹ ਵੱਡੇ ਭਾਗਾਂ ਵਾਲਾ ਬਣ ਜਾਂਦਾ ਹੈ। ਅਜੇਹੇ ਮਨੁੱਖ ਦੀ ਇੱਜ਼ਤ ਪ੍ਰਭੂ ਨੇ ਆਪ ਵਧਾਈ ਹੈ, ਕਿਸੇ ਦੇ ਘਟਾਇਆਂ ਉਹ ਇੱਜ਼ਤ ਇਕ ਤਿਲ ਜਿਤਨੀ ਭੀ ਨਹੀਂ ਘਟ ਸਕਦੀ। ੩।

ਹੇ ਮੇਰੇ ਮਨ! ਜਿਸ ਪ੍ਰਭੂ ਪਾਸੋਂ ਤੂੰ ਸਾਰੇ ਸੁਖ ਪਾ ਰਿਹਾ ਹੈਂ, ਉਸ ਨੂੰ ਸਦਾ ਹੀ ਦੋਵੇਂ ਹੱਥ ਜੋੜ ਕੇ (ਪੂਰੀ ਨਿਮ੍ਰਤਾ ਨਾਲ) ਸਿਮਰਿਆ ਕਰ। ਹੇ ਹਰੀ! (ਆਪਣੇ) ਦਾਸ ਨਾਨਕ ਨੂੰ ਇਕ ਖ਼ੈਰ ਪਾ ਕਿ ਤੇਰੇ ਚਰਨ ਮੇਰੇ ਹਿਰਦੇ ਵਿਚ ਸਦਾ ਹੀ ਵੱਸਦੇ ਰਹਿਣ। ੪। ੩।

ਗੋਂਡ ਮਹਲਾ ੪ ॥ ਜਿਤਨੇ ਸਾਹ ਪਾਤਿਸਾਹ ਉਮਰਾਵ ਸਿਕਦਾਰ ਚਉਧਰੀ ਸਭਿ ਮਿਥਿਆ ਝੂਠੁ ਭਾਉ ਦੂਜਾ ਜਾਣੁ॥ ਹਰਿ ਅਬਿਨਾਸੀ ਸਦਾ ਥਿਰੁ ਨਿਹਚਲੁ ਤਿਸੁ ਮੇਰੇ ਮਨ ਭਜੁ ਪਰਵਾਣੁ ॥ ੧ ॥ ਮੇਰੇ ਮਨ ਨਾਮੁ ਹਰੀ ਭਜੁ ਸਦਾ ਦੀਬਾਣੁ ॥ ਜੋ ਹਰਿ ਮਹਲੁ ਪਾਵੈ ਗੁਰ ਬਚਨੀ ਤਿਸੁ ਜੇਵਡੁ ਅਵਰੁ ਨਾਹੀ ਕਿਸੈ ਦਾ ਤਾਣੁ ॥ ੧ ॥ ਰਹਾਉ ॥ ਜਿਤਨੇ ਧਨਵੰਤ ਕੁਲਵੰਤ ਮਿਲਖਵੰਤ ਦੀਸਹਿ ਮਨ ਮੇਰੇ ਸਭਿ ਬਿਨਸਿ ਜਾਹਿ ਜਿਉ ਰੰਗੁ ਕਸੁੰਭ ਕਚਾਣੁ ॥ ਹਰਿ ਸਤਿ ਨਿਰੰਜਨੁ ਸਦਾ ਸੇਵਿ ਮਨ ਮੇਰੇ ਜਿਤੁ ਹਰਿ ਦਰਗਹ ਪਾਵਹਿ ਤੂ ਮਾਣੁ ॥ ੨ ॥ ਬ੍ਰਾਹਮਣੁ ਖਤ੍ਰੀ ਸੂਦ ਵੈਸ ਚਾਰਿ ਵਰਨ ਚਾਰਿ ਆਸ੍ਰਮ ਹਹਿ ਜੋ ਹਰਿ ਧਿਆਵੈ ਸੋ ਪਰਧਾਨੁ ॥ ਜਿਉ ਚੰਦਨ ਨਿਕਟਿ ਵਸੈ ਹਿਰਡੁ ਬਪੁੜਾ ਤਿਉ ਸਤਸੰਗਤਿ ਮਿਲਿ ਪਤਿਤ ਪਰਵਾਣੁ ॥ ੩ ॥ ਓਹੁ ਸਭ ਤੇ ਊਚਾ ਸਭ ਤੇ ਸੂਚਾ ਜਾ ਕੈ ਹਿਰਦੈ ਵਸਿਆ ਭਗਵਾਨੁ ॥ ਜਨ ਨਾਨਕੁ ਤਿਸ ਕੇ ਚਰਨ ਪਖਾਲੈ ਜੋ ਹਰਿ ਜਨੁ ਨੀਚੁ ਜਾਤਿ ਸੇਵਕਾਣੁ॥ ੪ ॥ ੪ ॥ [ਪੰਨਾ ੮੬੧]

ਪਦ ਅਰਥ :—ਉਮਰਾਵ—ਅਮੀਰ ਲੋਕ। ਸਿਕਦਾਰ—ਸਰਦਾਰ। ਸਭਿ—ਸਾਰੇ। ਮਿਥਿਆ—ਨਾਸਵੰਤ। ਭਾਉ ਦੂਜਾ—ਪ੍ਰਭੂ ਤੋਂ ਬਿਨਾ ਹੋਰ ਪਿਆਰ। ਜਾਣੁ—ਸਮਝ ਲੈ। ਥਿਰੁ—ਕਾਇਮ ਰਹਿਣ ਵਾਲਾ। ਨਿਹਚਲੁ—ਅਟੱਲ। ਪਰਵਾਣੁ—ਕਬੂਲ। ੧।

ਦੀਬਾਣੁ—ਆਸਰਾ। ਭਜੁ—ਸਿਮਰ, ਉਚਾਰ। ਜੋ—ਜੇਹੜਾ ਮਨੁੱਖ। ਤਾਣੁ—ਤਾਕਤ

। ੧ । ਰਹਾਉ ।

ਕੁਲਵੰਤ—ਉੱਚੀ ਕੁਲ ਵਾਲੇ । ਮਿਲਖਵੰਤ—ਜ਼ਮੀਨਾਂ ਦੇ ਮਾਲਕ । ਦੀਸਹਿ—ਦਿੱਸਦੇ ਹਨ । ਕਚਾਣੁ—ਕੱਚਾ । ਸਤਿ—ਸਦਾ ਕਾਇਮ ਰਹਿਣ ਵਾਲਾ । ਨਿਰੰਜਨੁ—[ਨਿਰ-ਅੰਜਨੁ] ਮਾਇਆ ਦੇ ਪ੍ਰਭਾਵ ਤੋਂ ਪਰੇ । ਜਿਤੁ—ਜਿਸ ਦੀ ਰਾਹੀਂ । ੨ ।

ਸੂਦ—ਸ਼ੂਦਰ । ਚਾਰਿ ਆਸ੍ਰਮ—ਬ੍ਰਹਮਚਰਜ, ਗ੍ਰਿਹਸਤ, ਵਾਨਪ੍ਰਸਤ, ਸੰਨਿਆਸ । ਪਰਧਾਨੁ—ਸ੍ਰੇਸ਼ਟ । ਨਿਕਟਿ—ਨੇੜੇ । ਹਿਰਡੁ ਬਪੁੜਾ—ਵਿਚਾਰਾ ਅਰਿੰਡ । ਮਿਲਿ—ਮਿਲ ਕੇ । ਪਤਿਤ—ਵਿਕਾਰੀ । ੩ ।

ਤੇ—ਤੋਂ । ਸੂਚਾ—ਪਵਿੱਤਰ । ਜਾ ਕੈ ਹਿਰਦੈ—ਜਿਸ ਦੇ ਹਿਰਦੇ ਵਿਚ । ਨਾਨਕੁ ਪਖਾਲੈ—ਨਾਨਕ ਧੋਂਦਾ ਹੈ । ਸੇਵਕਾਣੁ—ਸੇਵਕ । ਨੀਚ ਜਾਤਿ—ਜਾਤਿ ਵਲੋਂ ਨੀਚ । ੪ ।

ਅਰਥ :—ਹੇ ਮੇਰੇ ਮਨ ! ਸਦਾ ਪ੍ਰਭੂ ਦਾ ਨਾਮ ਸਿਮਰਿਆ ਕਰ, ਇਹੀ ਅਟੱਲ ਆਸਰਾ ਹੈ । ਜੇਹੜਾ ਮਨੁੱਖ ਗੁਰੂ ਦੇ ਬਚਨਾਂ ਉਤੇ ਤੁਰ ਕੇ ਪ੍ਰਭੂ ਦੇ ਚਰਨਾਂ ਵਿਚ ਨਿਵਾਸ ਹਾਸਲ ਕਰ ਲੈਂਦਾ ਹੈ, ਉਸ ਮਨੁੱਖ ਦੇ ਆਤਮਕ ਬਲ ਜਿਤਨਾ ਹੋਰ ਕਿਸੇ ਦਾ ਬਲ ਨਹੀਂ । ੧ । ਰਹਾਉ ।

ਹੇ ਮਨ ! (ਜਗਤ ਵਿਚ) ਜਿਤਨੇ ਭੀ ਸ਼ਾਹ ਬਾਦਸ਼ਾਹ ਅਮੀਰ ਸਰਦਾਰ ਚੌਧਰੀ (ਦਿੱਸਦੇ ਹਨ) ਇਹ ਸਾਰੇ ਨਾਸਵੰਤ ਹਨ, (ਇਹੋ ਜਿਹੇ) ਮਾਇਆ ਦੇ ਪਿਆਰ ਨੂੰ ਝੂਠਾ ਸਮਝ । ਸਿਰਫ਼ ਪਰਮਾਤਮਾ ਹੀ ਨਾਸ-ਰਹਿਤ ਹੈ, ਸਦਾ ਕਾਇਮ ਰਹਿਣ ਵਾਲਾ ਹੈ, ਅਟੱਲ ਹੈ । ਹੇ ਮੇਰੇ ਮਨ ! ਉਸ ਪਰਮਾਤਮਾ ਦਾ ਨਾਮ ਜਪਿਆ ਕਰ । ਤਾਹੀਏਂ ਕਬੂਲ ਹੋਵੇਂਗਾ । ੧ ।

ਹੇ ਮੇਰੇ ਮਨ ! (ਦੁਨੀਆ ਵਿਚ) ਜਿਤਨੇ ਭੀ ਧਨ ਵਾਲੇ, ਉੱਚੀ ਕੁਲ ਵਾਲੇ, ਜ਼ਮੀਨਾਂ ਦੇ ਮਾਲਕ ਦਿੱਸ ਰਹੇ ਹਨ, ਇਹ ਸਾਰੇ ਨਾਸ ਹੋ ਜਾਣਗੇ, (ਇਹਨਾਂ ਦਾ ਵਡੱ-ਪਣ ਇਉਂ ਹੀ ਕੱਚਾ ਹੈ) ਜਿਵੇਂ ਕਸੁੰਭੇ ਦਾ ਰੰਗ ਕੱਚਾ ਹੈ । ਹੇ ਮੇਰੇ ਮਨ ! ਉਸ ਪਰਮਾਤਮਾ ਨੂੰ ਸਦਾ ਸਿਮਰ, ਜੋ ਸਦਾ ਕਾਇਮ ਰਹਿਣ ਵਾਲਾ ਹੈ, ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ, ਅਤੇ ਜਿਸ ਦੀ ਰਾਹੀਂ ਤੂੰ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਹਾਸਲ ਕਰੇਂਗਾ । ੨ ।

(ਹੇ ਮਨ ! ਸਾਡੇ ਦੇਸ ਵਿਚ) ਬ੍ਰਾਹਮਣ, ਖਤ੍ਰੀ, ਵੈਸ਼, ਸ਼ੂਦਰ—ਇਹ ਚਾਰ (ਪ੍ਰਸਿੱਧ) ਵਰਨ ਹਨ, (ਬ੍ਰਹਮਚਰਜ, ਗ੍ਰਿਹਸਤ, ਵਾਨਪ੍ਰਸਤ, ਸੰਨਿਆਸ—ਇਹ) ਚਾਰ ਆਸ਼੍ਰਮ (ਪ੍ਰਸਿੱਧ) ਹਨ । ਇਹਨਾਂ ਵਿਚੋਂ ਜੇਹੜਾ ਭੀ ਮਨੁੱਖ ਪ੍ਰਭੂ ਦਾ ਨਾਮ ਸਿਮਰਦਾ ਹੈ, ਉਹੀ (ਸਭ ਤੋਂ) ਸ੍ਰੇਸ਼ਟ ਹੈ (ਜਾਤੀ ਆਦਿਕ ਕਰਕੇ ਨਹੀਂ) । ਜਿਵੇਂ ਚੰਦਨ ਦੇ ਨੇੜੇ ਵਿਚਾਰਾ ਅਰਿੰਡ ਵੱਸਦਾ ਹੈ (ਤੇ ਸੁਗੰਧਿਤ ਹੋ ਜਾਂਦਾ ਹੈ) ਤਿਵੇਂ ਸਾਧ ਸੰਗਤਿ ਵਿਚ

ਮਿਲ ਕੇ ਵਿਕਾਰੀ ਭੀ (ਪਵਿੱਤਰ ਹੋ ਕੇ) ਕਬੂਲ ਹੋ ਜਾਂਦਾ ਹੈ। ੩।

ਹੇ ਮਨ ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਆ ਵੱਸਦਾ ਹੈ, ਉਹ ਮਨੁੱਖ ਹੋਰ ਸਭਨਾਂ ਮਨੁੱਖਾਂ ਨਾਲੋਂ ਉੱਚਾ ਹੋ ਜਾਂਦਾ ਹੈ, ਸੁੱਚਾ ਹੋ ਜਾਂਦਾ ਹੈ। (ਹੇ ਭਾਈ !) ਦਾਸ ਨਾਨਕ ਉਸ ਮਨੁੱਖਾਂ ਦੇ ਚਰਨ ਧੋਂਦਾ ਹੈ, ਜੇਹੜਾ ਪ੍ਰਭੂ ਦਾ ਸੇਵਕ ਹੈ ਪ੍ਰਭੂ ਦਾ ਭਗਤ ਹੈ, ਭਾਵੇਂ ਉਹ ਜਾਤੀ ਵਲੋਂ ਨੀਚ ਹੀ (ਗਿਣਿਆ ਜਾਂਦਾ) ਹੈ। ੪। ੪।

ਗੋਂਡ ਮਹਲਾ ੪ ॥ **ਹਰਿ ਅੰਤਰਜਾਮੀ ਸਭਤੈ ਵਰਤੈ ਜੇਹਾ ਹਰਿ ਕਰਾਏ ਤੇਹਾ ਕੋ ਕਰਈਐ ॥ ਸੋ ਐਸਾ ਹਰਿ ਸੇਵਿ ਸਦਾ ਮਨ ਮੇਰੇ ਜੋ ਤੁਧ ਨੋ ਸਭਦੂ ਰਖਿ ਲਈਐ ॥੧॥ ਮੇਰੇ ਮਨ ਹਰਿ ਜਪਿ ਹਰਿ ਨਿਤ ਪੜਈਐ॥ ਹਰਿ ਬਿਨੁ ਕੋ ਮਾਰਿ ਜੀਵਾਲਿ ਨ ਸਾਕੈ ਤਾ ਮੇਰੇ ਮਨ ਕਾਇਤੁ ਕੜਈਐ॥ ੧ ॥ ਰਹਾਉ ॥ ਹਰਿ ਪਰਪੰਚੁ ਕੀਆ ਸਭੁ ਕਰਤੈ ਵਿਚਿ ਆਪੇ ਆਪਣੀ ਜੋਤਿ ਧਰਈਐ ॥ ਹਰਿ ਏਕੋ ਬੋਲੈ ਹਰਿ ਏਕੁ ਬੁਲਾਏ ਗੁਰਿ ਪੂਰੈ ਹਰਿ ਏਕੁ ਦਿਖਈਐ ॥੨॥ ਹਰਿ ਅੰਤਰਿ ਨਾਲੇ ਬਾਹਰਿ ਨਾਲੇ ਕਹੁ ਤਿਸੁ ਪਾਸਹੁ ਮਨ ਕਿਆ ਚੋਰਈਐ ॥ ਨਿਹਕਪਟ ਸੇਵਾ ਕੀਜੈ ਹਰਿ ਕੇਰੀ ਤਾਂ ਮੇਰੇ ਮਨ ਸਰਬ ਸੁਖ ਪਈਐ ॥ ੩ ॥ ਜਿਸ ਦੈ ਵਸਿ ਸਭੁ ਕਿਛੁ ਸੋ ਸਭਦੂ ਵਡਾ ਸੋ ਮੇਰੇ ਮਨ ਸਦਾ ਧਿਅਈਐ ॥ ਜਨ ਨਾਨਕ ਸੋ ਹਰਿ ਨਾਲਿ ਹੈ ਤੇਰੈ ਹਰਿ ਸਦਾ ਧਿਆਇ ਤੂ ਤੁਧੁ ਲਏ ਛਡਈਐ ॥੪॥੫॥** [ਪੰਨਾ ੮੬੧]

ਪਦ ਅਰਥ :–ਅੰਤਰਜਾਮੀ–ਹਰੇਕ ਦੇ ਦਿਲ ਦੀ ਜਾਣਨ ਵਾਲਾ। ਸਭਤੈ–ਹਰ ਥਾਂ। ਵਰਤੈ–ਮੌਜੂਦ ਹੈ। ਕੋ–ਕੋਈ ਮਨੁੱਖ। ਕਰਈਐ–ਕਰਦਾ ਹੈ।ਸੇਵਿ–ਸਿਮਰ। ਮਨ–ਹੇ ਮਨ ! ਸਭਦੂ–ਸਭ (ਦੁੱਖਾਂ) ਤੋਂ। ਰਖੀ ਲਈਐ–ਬਚਾ ਲੈਂਦਾ ਹੈ। ੧।

ਪੜਈਐ–ਪੜ੍ਹਨਾ ਚਾਹੀਦਾ ਹੈ, ਜਪਣਾ ਚਾਹੀਦਾ ਹੈ। ਕਾਇਤੁ–ਕਿਉਂ ? ਕਿਸ ਵਾਸਤੇ ? ਕੜਈਐ–ਝੁਰਨਾ ਚਾਹੀਦਾ ਹੈ, ਚਿੰਤਾ-ਫ਼ਿਕਰ ਕਰਨਾ ਚਾਹੀਦਾ ਹੈ। ੧। ਰਹਾਉ।

ਪਰਪੰਚੁ–ਇਹ ਦਿੱਸਦਾ ਸੰਸਾਰ। ਸਭੁ–ਸਾਰਾ।ਕਰਤੈ–ਕਰਤਾਰ ਨੇ। ਧਰਈਐ–ਧਰੀ ਹੋਈ ਹੈ। ਗੁਰਿ–ਗੁਰੂ ਨੇ। ਦਿਖਈਐ–ਵਿਖਾਇਆ ਹੈ। ੨।

ਅੰਤਰਿ–(ਸਾਡੇ) ਅੰਦਰ। ਨਾਲੇ–ਅੰਗ-ਸੰਗ। ਕਹੁ–ਦੱਸੋ। ਪਾਸਹੁ–ਕੋਲੋਂ। ਕਿਆ ਚੋਰਈਐ–ਕੀਹ ਲੁਕਾਇਆ ਜਾ ਸਕਦਾ ਹੈ ? ਨਿਹ ਕਪਟ–ਨਿਰ-ਛਲ (ਹੋ ਕੇ)। ਸੇਵਾ–ਭਗਤੀ। ਕੀਜੈ–ਕਰਨੀ ਚਾਹੀਦੀ ਹੈ। ਕੇਰੀ–ਦੀ। ਸਰਬ–ਸਾਰੇ। ੩।

ਦੈ ਵਸਿ–ਦੇ ਵੱਸ ਵਿਚ। ਜਿਸ ਦੈ–[ਲਫ਼ਜ਼ 'ਜਿਸ' ਦਾ ਸੰਬੰਧਕ 'ਦੈ' ਦੇ ਕਾਰਨ

ਉੱਡ ਗਿਆ ਹੈ। ਸਭਧੂ—ਸਭਨਾਂ ਨਾਲੋਂ। ਤੁਧੁ—ਤੈਨੂੰ। ੪।

ਅਰਥ :—ਹੇ ਮੇਰੇ ਮਨ! ਸਦਾ ਪ੍ਰਭੂ ਦਾ ਨਾਮ ਜਪਣਾ ਚਾਹੀਦਾ ਹੈ, ਉਚਾਰਨਾ ਚਾਹੀਦਾ ਹੈ। (ਜਦੋਂ) ਪਰਮਾਤਮਾ ਤੋਂ ਬਿਨਾ (ਹੋਰ) ਕੋਈ ਨਾਂਹ ਮਾਰ ਸਕਦਾ ਹੈ ਨਾਂਹ ਜਿਵਾਲ ਸਕਦਾ ਹੈ, ਤਾਂ ਫਿਰ, ਹੇ ਮੇਰੇ ਮਨ ! (ਕਿਸੇ ਤਰ੍ਹਾਂ ਦਾ) ਚਿੰਤਾ-ਫ਼ਿਕਰ ਨਹੀਂ ਕਰਨਾ ਚਾਹੀਦਾ। ੧। ਰਹਾਉ।

ਹੇ ਮੇਰੇ ਮਨ! ਪਰਮਾਤਮਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ, ਹਰੇਕ ਥਾਂ ਵਿਚ ਮੌਜੂਦ ਹੈ, (ਹਰੇਕ ਜੀਵ ਦੇ ਅੰਦਰ ਵਿਆਪਕ ਹੋ ਕੇ) ਜਿਹੋ ਜਿਹਾ ਕੰਮ (ਕਿਸੇ ਜੀਵ ਪਾਸੋਂ) ਕਰਾਂਦਾ ਹੈ, ਉਹੋ ਜਿਹਾ ਕੰਮ ਹੀ ਜੀਵ ਕਰਦਾ ਹੈ। ਹੇ ਮਨ ! ਇਹੋ ਜਿਹੀ ਤਾਕਤ ਵਾਲੇ ਪ੍ਰਭੂ ਨੂੰ ਸਦਾ ਸਿਮਰਦਾ ਰਹੁ, ਉਹ ਤੈਨੂੰ ਹਰੇਕ (ਦੁੱਖ-ਕਲੇਸ਼) ਤੋਂ ਬਚਾ ਸਕਦਾ ਹੈ। ੧।

ਹੇ ਮਨ! ਇਹ ਸਾਰਾ ਦਿੱਸਦਾ ਜਗਤ ਕਰਤਾਰ ਨੇ ਆਪ ਬਣਾਇਆ ਹੈ, ਇਸ ਜਗਤ ਵਿਚ ਉਸ ਨੇ ਆਪ ਹੀ ਆਪਣੀ ਜੋਤੀ ਰੱਖੀ ਹੋਈ ਹੈ। (ਸਭ ਜੀਵਾਂ ਵਿਚ ਉਹ) ਕਰਤਾਰ ਆਪ ਹੀ ਬੋਲ ਰਿਹਾ ਹੈ,। (ਹਰੇਕ ਜੀਵ ਨੂੰ) ਉਹ ਪ੍ਰਭੂ ਆਪ ਹੀ ਬੋਲਣ ਦੀ ਸੱਤਿਆ ਦੇ ਰਿਹਾ ਹੈ। ਪੂਰੇ ਗੁਰੂ ਨੇ (ਮੈਨੂੰ ਹਰ ਥਾਂ) ਉਹ ਇੱਕ ਪ੍ਰਭੂ ਹੀ ਵਿਖਾ ਦਿੱਤਾ ਹੈ। ੨।

ਹੇ ਮਨ! (ਹਰੇਕ ਜੀਵ ਦੇ) ਅੰਦਰ ਪ੍ਰਭੂ ਆਪ ਹੀ ਅੰਗ-ਸੰਗ ਵੱਸਦਾ ਹੈ, ਬਾਹਰ ਸਾਰੇ ਜਗਤ ਵਿਚ ਭੀ ਪ੍ਰਭੂ ਹੀ ਹਰ ਥਾਂ ਵੱਸਦਾ ਹੈ। ਦੱਸ! ਹੇ ਮਨ ! ਉਸ (ਸਰਬ-ਵਿਆਪਕ) ਪਾਸੋਂ ਕੇਹੜਾ ਲੁਕਾਉ ਕੀਤਾ ਜਾ ਸਕਦਾ ਹੈ? ਮੇਰੇ ਮਨ! ਉਸ ਪ੍ਰਭੂ ਦੀ ਸੇਵਾ ਭਗਤੀ ਨਿਰਛਲ ਹੋ ਕੇ ਕਰਨੀ ਚਾਹੀਦੀ ਹੈ, ਤਾਂ ਹੀ (ਉਸ ਪਾਸੋਂ) ਸਾਰੇ ਸੁਖ ਹਾਸਲ ਕਰ ਸਕੀਦੇ ਹਨ। ੩।

ਹੇ ਮੇਰੇ ਮਨ! ਜਿਸ ਪਰਮਾਤਮਾ ਦੇ ਵੱਸ ਵਿਚ ਹਰੇਕ ਚੀਜ਼ ਹੈ, ਉਹ ਸਭਨਾਂ ਨਾਲੋਂ ਵਡਾ ਹੈ, ਸਦਾ ਹੀ ਉਸ ਦਾ ਧਿਆਨ ਧਰਨਾ ਚਾਹੀਦਾ ਹੈ। ਹੇ ਦਾਸ ਨਾਨਕ ! (ਆਖ—ਹੇ ਮਨ !) ਉਹ ਪਰਮਾਤਮਾ ਸਦਾ ਤੇਰੇ ਨਾਲ ਵੱਸਦਾ ਹੈ, ਉਸ ਦਾ ਸਦਾ ਧਿਆਨ ਧਰਿਆ ਕਰ, ਤੈਨੂੰ ਉਹ (ਹਰੇਕ ਦੁੱਖ-ਕਲੇਸ਼ ਤੋਂ) ਬਚਾਣ ਵਾਲਾ।੪।੫।

ਗੋਂਡ ਮਹਲਾ ੪ ॥ ਹਰਿ ਦਰਸਨ ਕਉ ਮੇਰਾ ਮਨੁ ਬਹੁ ਤਪਤੈ ਜਿਉ ਤ੍ਰਿਖਾਵੰਤੁ ਬਿਨੁ ਨੀਰ ॥ ੧ ॥ ਮੇਰੈ ਮਨਿ ਪ੍ਰੇਮੁ ਲਗੋ ਹਰਿ ਤੀਰ ॥ ਹਮਰੀ ਬੇਦਨ ਹਰਿ ਪ੍ਰਭੁ ਜਾਨੈ ਮੇਰੇ ਮਨ ਅੰਦਰ ਕੀ ਪੀਰ ॥ ੧ ॥ ਰਹਾਉ ॥ ਮੇਰੇ ਹਰਿ ਪ੍ਰੀਤਮ ਕੀ ਕੋਈ ਬਾਤ ਸੁਨਾਵੈ ਸੋ ਭਾਈ ਸੋ ਮੇਰਾ ਬੀਰ ॥ ੨ ॥

ਮਿਲੁ ਮਿਲੁ ਸਖੀ ਗੁਣ ਕਹੁ ਮੇਰੇ ਪ੍ਰਭ ਕੇ ਲੇ ਸਤਿਗੁਰ ਕੀ ਮਤਿ ਧੀਰ ॥ ੩ ॥ ਜਨ ਨਾਨਕ ਕੀ ਹਰਿ ਆਸ ਪੁਜਾਵਹੁ ਹਰਿ ਦਰਸਨਿ ਸਾਂਤਿ ਸਰੀਰ॥ ੪ ॥ ੬ ॥ ਛਕਾ੧॥[ਪੰਨਾ ੮੬੧]

ਪਦ ਅਰਥ :—ਕਉ—ਨੂੰ, ਵਾਸਤੇ । ਤਪਤੈ—ਤਪ ਰਿਹਾ ਹੈ, ਲੁੱਛ ਰਿਹਾ ਹੈ, ਤੜਫ ਰਿਹਾ ਹੈ । ਤ੍ਰਿਖਾਵੰਤੁ—ਤਿਹਾਇਆ ਮਨੁੱਖ । ਨੀਰ—ਪਾਣੀ । ੧ ।

ਮੇਰੈ ਮਨਿ—ਮੇਰੇ ਮਨ ਵਿਚ । ਬੇਦਨ—[ਵੇਦਨਾ] ਪੀੜਾ । ਅੰਤਰ ਕੀ—ਅੰਦਰ ਦੀ, ਅੰਦਰਲੀ । ਪੀਰ—ਪੀੜ । ੧ । ਰਹਾਉ ।

ਬਾਤ—ਗੱਲ । ਬੀਰ—ਵੀਰ । ੨ ।

ਮਿਲੁ—[ਹੁਕਮੀ ਭਵਿੱਖਤ] । ਸਖੀ—ਹੇ ਸਹੇਲੀਏ ! ਕਹੁ—ਦੱਸ, ਸੁਣ । ਲੇ—ਲੈ ਕੇ । ਧੀਰ—[Adj.] ਕੋਮਲਤਾ ਪੈਦਾ ਕਰਨ ਵਾਲੀ, ਸ਼ਾਂਤੀ ਦੇਣ ਵਾਲੀ । ੩ ।

ਹਰਿ—ਹੇ ਹਰੀ ! ਪੁਜਾਵਹੁ—ਪੂਰੀ ਕਰੋ । ਦਰਸਨਿ—ਦਰਸ਼ਨ ਨਾਲ । ਸਾਂਤਿ ਸਰੀਰ—ਸਰੀਰ ਨੂੰ ਸ਼ਾਂਤੀ, ਹਿਰਦੇ ਨੂੰ ਠੰਢ । ੪ ।

ਅਰਥ :—ਹੇ ਭਾਈ ! ਪਰਮਾਤਮਾ ਦਾ ਪਿਆਰ ਮੇਰੇ ਮਨ ਵਿਚ ਤੀਰ ਵਾਂਗ ਲੱਗਾ ਹੋਇਆ ਹੈ । (ਉਸ ਪ੍ਰੇਮ-ਤੀਰ ਦੇ ਕਾਰਨ ਪੈਦਾ ਹੋਈ) ਮੇਰੇ ਮਨ ਦੀ ਅੰਦਰਲੀ ਪੀੜ-ਵੇਦਨਾ ਮੇਰਾ ਹਰੀ ਮੇਰਾ ਪ੍ਰਭੂ ਹੀ ਜਾਣਦਾ ਹੈ । ੧ । ਰਹਾਉ ।

(ਹੇ ਸਹੇਲੀਏ ! ਉਸ ਪ੍ਰੇਮ ਦੇ ਤੀਰ ਦੇ ਕਾਰਨ ਹੁਣ) ਮੇਰਾ ਮਨ ਪਰਮਾਤਮਾ ਦੇ ਦਰਸ਼ਨ ਵਾਸਤੇ (ਇਉਂ) ਲੁਛ ਰਿਹਾ ਹੈ ਜਿਵੇਂ ਪਾਣੀ ਤੋਂ ਬਿਨਾ ਤਿਹਾਇਆ ਮਨੁੱਖ।੧।

ਹੇ ਸਹੇਲੀਏ! ਹੁਣ ਜੇ ਕੋਈ ਮਨੁੱਖ ਮੈਨੂੰ ਮੇਰੇ ਪ੍ਰੀਤਮ ਪ੍ਰਭੂ ਦੀ ਕੋਈ ਗੱਲ ਸੁਣਾਵੇ (ਤਾਂ ਮੈਨੂੰ ਇਉਂ ਲੱਗਦਾ ਹੈ ਕਿ) ਉਹ ਮਨੁੱਖ ਮੇਰਾ ਭਰਾ ਹੈ ਮੇਰਾ ਵੀਰ ਹੈ । ੨ ।

ਹੇ ਸਹੇਲੀਏ ! ਗੁਰੂ ਦੀ ਸ਼ਾਂਤੀ ਦੇਣ ਵਾਲੀ ਮਤਿ ਲੈ ਕੇ ਮੈਨੂੰ ਭੀ ਮਿਲਿਆ ਕਰ, ਤੇ, ਮੈਨੂੰ ਪਿਆਰੇ ਪ੍ਰਭੂ ਦੀ ਸਿਫਤਿ ਸਾਲਾਹ ਸੁਣਾਇਆ ਕਰ । ੩ ।

ਹੇ ਪ੍ਰਭੂ ! (ਆਪਣੇ) ਦਾਸ ਨਾਨਕ ਦੀ (ਦਰਸ਼ਨ ਦੀ) ਆਸ ਪੂਰੀ ਕਰ । ਹੇ ਹਰੀ ! ਤੇਰੇ ਦਰਸ਼ਨ ਨਾਲ ਮੇਰੇ ਹਿਰਦੇ ਨੂੰ ਠੰਢ ਪੈਂਦੀ ਹੈ। ੪ । ੬ । ਛਕਾ ।

ਛਕਾ—ਛੱਕਾ, ਛੇ ਸ਼ਬਦਾਂ ਦਾ ਸੰਗ੍ਰਹ ।

ਰਾਗੁ ਗੋਂਡ ਮਹਲਾ ੫ ਚਉਪਦੇ ਘਰੁ ੧

ੴ ਸਤਿਗੁਰਪ੍ਰਸਾਦਿ ॥ ਸਭੁ ਕਰਤਾ ਸਭੁ ਭੁਗਤਾ ॥ ੧ ॥ ਰਹਾਉ॥ ਸੁਨਤੋ ਕਰਤਾ ਪੇਖਤ ਕਰਤਾ ॥ ਅਦ੍ਰਿਸਟੋ ਕਰਤਾ ਦ੍ਰਿਸਟੋ ਕਰਤਾ।।ਓਪਤਿ ਕਰਤਾ ਪਰਲਉ ਕਰਤਾ ॥ ਬਿਆਪਤ ਕਰਤਾ ਅਲਿਪਤੋ ਕਰਤਾ ॥ ੧ ॥

ਹੈਂ, (ਉਸ ਸਭ ਕੁਝ ਧਰਮਰਾਜ ਦੇ) ਲੇਖੇ ਵਿਚ (ਲਿਖਿਆ ਜਾ ਰਿਹਾ ਹੈ)। ਹੇ ਮਨ! ਪਰਮਾਤਮਾ ਦੇ ਗੁਣ ਗਾਇਆ ਕਰ, ਤਦੋਂ ਹੀ (ਇਸ ਮੋਹ ਵਿਚੋਂ) ਬਚ ਸਕੇਂਗਾ ।੧।

ਹੇ ਮਨ! ਜਿਵੇਂ ਹਾਥੀ ਨੂੰ ਕਾਮ-ਵਾਸਨਾ ਨੇ ਪ੍ਰੇਰ ਰੱਖਿਆ ਹੁੰਦਾ ਹੈ (ਤੇ ਉਹ ਪਰਾਈ ਕੈਦ ਵਿਚ ਫਸ ਜਾਂਦਾ ਹੈ, ਤਿਵੇਂ) ਤੂੰ ਪਰਵਾਰ ਦੇ ਮੋਹ ਵਿਚ ਫਸਿਆ ਪਿਆ ਹੈਂ, (ਪਰ ਤੂੰ ਇਹ ਚੇਤੇ ਨਹੀਂ ਰੱਖਦਾ ਕਿ) ਜਿਵੇਂ ਅਨੇਕਾਂ ਪੰਛੀ (ਕਿਸੇ ਰੁੱਖ ਉਤੇ) ਇਕੱਠੇ ਹੋ ਕੇ (ਰਾਤ ਕੱਟਦੇ ਹਨ, ਦਿਨ ਚੜ੍ਹਨ ਤੇ) ਫਿਰ ਹਰੇਕ ਪੰਛੀ ਵਿਛੜ ਜਾਂਦਾ ਹੈ (ਤਿਵੇਂ ਪਰਵਾਰ ਦਾ ਹਰੇਕ ਜੀਵ ਵਿਛੜ ਜਾਣਾ ਹੈ)। ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਧਿਆਨ ਧਰਿਆ ਕਰ, ਬੱਸ! ਇਹੀ ਹੈ ਅਟੱਲ ਆਤਮਕ ਟਿਕਾਣਾ ।੨।

ਹੇ ਮਨ! ਜਿਵੇਂ ਮੱਛ ਜੀਭ ਦੇ ਸੁਆਦ ਦੇ ਕਾਰਨ ਨਾਸ ਹੋ ਜਾਂਦਾ ਹੈ, ਉਹ ਮੂਰਖ ਲੋਭ ਦੇ ਕਾਰਨ ਲੁੱਟਿਆ ਜਾਂਦਾ ਹੈ, ਤੂੰ ਭੀ (ਕਾਮਾਦਿਕ) ਪੰਜ ਵੈਰੀਆਂ ਦੇ ਵੱਸ ਵਿਚ ਪਿਆ ਹੋਇਆ ਹੈਂ। ਹੇ ਮਨ! ਪ੍ਰਭੂ ਦੀ ਸਰਨ ਪਉ, ਤਦੋਂ ਹੀ (ਇਹਨਾਂ ਵੈਰੀਆਂ ਦੇ ਪੰਜੇ ਵਿਚੋਂ) ਨਿਕਲੇਂਗਾ। ੩।

ਹੇ ਦੀਨਾਂ ਦੇ ਦੁੱਖ ਨਾਸ ਕਰਨ ਵਾਲੇ! (ਅਸਾਂ ਜੀਵਾਂ ਉਤੇ) ਦਇਆਵਾਨ ਹੋ। ਇਹ ਸਾਰੇ ਜੀਅ ਜੰਤ ਤੇਰੇ ਹੀ (ਪੈਦਾ ਕੀਤੇ ਹੋਏ) ਹਨ। (ਮੈਨੂੰ) ਨਾਨਕ ਨੂੰ, ਜੋ ਤੇਰੇ ਦਾਸਾਂ ਦਾ ਦਾਸ ਹੈ, ਮਿਲ। ਮੈਂ ਸਦਾ ਤੇਰਾ ਦਰਸ਼ਨ ਕਰਦਾ ਰਹਾਂ (ਮੇਹਰ ਕਰ, ਬੱਸ!) ਮੈਂ ਇਹੀ ਖ਼ੈਰ ਹਾਸਲ ਕਰਨਾ ਚਾਹੁੰਦਾ ਹਾਂ। ੪। ੨।

ਰਾਗੁ ਗੋਂਡ ਮਹਲਾ ੫ ਚਉਪਦੇ ਘਰੁ ੨

ੴ ਸਤਿਗੁਰਪ੍ਰਸਾਦਿ ॥ ਜੀਅ ਪ੍ਰਾਨ ਕੀਏ ਜਿਨਿ ਸਾਜਿ ॥ ਮਾਟੀ ਮਹਿ ਜੋਤਿ ਰਖੀ ਨਿਵਾਜਿ ॥ ਬਰਤਨ ਕਉ ਸਭੁ ਕਿਛੁ ਭੋਜਨ ਭੋਗਾਇ ॥ ਸੋ ਪ੍ਰਭੁ ਤਜਿ ਮੂੜੇ ਕਤ ਜਾਇ ॥ ੧ ॥ ਪਾਰਬ੍ਰਹਮ ਕੀ ਲਾਗਉ ਸੇਵ ॥ ਗੁਰ ਤੇ ਸੁਝੈ ਨਿਰੰਜਨ ਦੇਵ ॥ ੧ ॥ ਰਹਾਉ ॥ ਜਿਨਿ ਕੀਏ ਰੰਗ ਅਨਿਕ ਪ੍ਰਕਾਰ ॥ ਓਪਤਿ ਪਰਲਉ ਨਿਮਖ ਮਝਾਰ ॥ ਜਾ ਕੀ ਗਤਿ ਮਿਤਿ ਕਹੀ ਨ ਜਾਇ ॥ ਸੋ ਪ੍ਰਭੁ ਮਨ ਮੇਰੇ ਸਦਾ ਧਿਆਇ ॥੨॥ ਆਇ ਨ ਜਾਵੈ ਨਿਹਚਲੁ ਧਨੀ ॥ ਬੇਅੰਤ ਗੁਨਾ ਤਾ ਕੇ ਕੇਤਕ ਗਨੀ ॥ ਲਾਲ ਨਾਮ ਜਾ ਕੈ ਭਰੇ ਭੰਡਾਰ ॥ ਸਗਲ ਘਟਾ ਦੇਵੈ ਆਧਾਰ ॥੩॥ ਸਤਿਪੁਰਖੁ ਜਾ ਕੋ ਹੈ ਨਾਉ ॥ ਮਿਟਹਿ ਕੋਟਿ ਅਘ ਨਿਮਖ ਜਸੁ ਗਾਉ ॥ ਬਾਲ ਸਖਾਈ ਭਗਤਨ ਕੋ ਮੀਤ॥ ਪ੍ਰਾਨ ਅਧਾਰ ਨਾਨਕ ਹਿਤ ਚੀਤ ॥ ੪ ॥ ੧ ॥ ੩ ॥ [ਪੰਨਾ ੮੬੨]

ਪਦ ਅਰਥ :—ਜੀਅ ਪ੍ਰਾਨ—ਜੀਵਾਂ ਦੀਆਂ ਜਿੰਦਾਂ। ਜਿਨਿ—ਜਿਸ (ਪ੍ਰਭੂ) ਨੇ।

ਸਾਜਿ—ਸਾਜ ਕੇ, ਪੈਦਾ ਕਰ ਕੇ। ਮਾਟੀ ਮਹਿ—ਸਰੀਰ ਵਿਚ। ਨਿਵਾਜਿ—ਨਿਵਾਜ ਕੇ, ਨਿਵਾਜ਼ਸ਼ ਕਰ ਕੇ, ਮੇਹਰ ਕਰ ਕੇ। ਕਉ—ਵਾਸਤੇ। ਸਭੁ ਕਿਛੁ—ਹਰੇਕ ਚੀਜ਼। ਭੋਗਾਇ—ਛਕਾਂਦਾ ਹੈ। ਤਜਿ—ਤਿਆਗ ਕੇ। ਮੂੜੇ—ਹੇ ਮੂਰਖ! ਕਤ—ਕਿੱਥੇ ? ਜਾਇ—ਜਾਂਦਾ ਹੈ (ਤੇਰਾ ਮਨ)। ੧।

ਲਾਗਉ—ਲਾਗਊਂ, ਮੈਂ ਲੱਗਦਾ ਹਾਂ, ਮੈਂ ਲੱਗਣਾ ਚਾਹੁੰਦਾ ਹਾਂ। ਸੇਵ—ਸੇਵਾ-ਭਗਤੀ। ਗੁਰ ਤੇ—ਗੁਰੂ ਤੋਂ। ਨਿਰੰਜਨ ਦੇਵ—ਉਹ ਪ੍ਰਕਾਸ਼-ਰੂਪ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ। ੧। ਰਹਾਉ।

ਕੀਏ—ਬਣਾਏ। ਪ੍ਰਕਾਰ—ਕਿਸਮ। ਓਪਤਿ—ਉਤਪੱਤੀ। ਪਰਲਉ—ਨਾਸ। ਨਿਮਖ—ਅੱਖ ਝਮਕਣ ਜਿਤਨਾ ਸਮਾ। ਮਝਾਰ—ਵਿਚ। ਗਤਿ—ਆਤਮਕ ਅਵਸਥਾ। ਮਿਤਿ—ਮਾਪ। ਗਤਿ ਮਿਤਿ—ਕਿਹੋ ਜਿਹਾ ਹੈ ਅਤੇ ਕੇਡਾ ਵੱਡਾ ਹੈ—ਇਹ ਗੱਲ। ਜਾ ਕੀ—ਜਿਸ (ਪ੍ਰਭੂ) ਦੀ। ਮਨ—ਹੇ ਮਨ! ੨।

ਆਇ ਨ—ਜੰਮਦਾ ਨਹੀਂ। ਨ ਜਾਵੈ—ਨਹੀਂ ਮਰਦਾ। ਨਿਹਚਲੁ—ਸਦਾ ਅਟੱਲ। ਧਨੀ—ਮਾਲਕ-ਪ੍ਰਭੂ। ਕੇਤਕ—ਕਿਤਨੇ ਕੁ ? ਗਨੀ—ਗਨੀਂ, ਮੈਂ ਗਿਣਾਂ। ਜਾ ਕੈ—ਜਿਸ ਦੇ ਘਰ ਵਿਚ। ਭੰਡਾਰ—ਖ਼ਜ਼ਾਨੇ। ਸਗਲ—ਸਾਰੇ। ਘਟਾ—ਘਟਾਂ, ਸਰੀਰਾਂ ਨੂੰ। ਆਧਾਰ—ਆਸਰਾ। ੩।

ਸਤਿ ਪੁਰਖੁ—ਸਦਾ-ਥਿਰ ਸਰਬ-ਵਿਆਪਕ। ਜਾ ਕੋ—ਜਿਸ ਦਾ। ਕੋਟਿ—ਕ੍ਰੋੜਾਂ। ਅਘ—ਪਾਪ। ਜਸੁ—ਸਿਫ਼ਤਿ ਸਾਲਾਹ ਦਾ ਗੀਤ। ਗਾਉ—ਗਾਇਆ ਕਰ। ਨਿਮਖ—ਅੱਖ ਝਮਕਣ ਜਿਤਨਾ ਸਮਾ। ਨਿਮਖ ਨਿਮਖ—ਹਰ ਵੇਲੇ। ਬਾਲ ਸਖਾਈ—ਮੁੱਢ ਦਾ ਸਾਥੀ। ਕੋ—ਦਾ। ਪ੍ਰਾਨ ਅਧਾਰ—ਜਿੰਦ ਦਾ ਸਹਾਰਾ। ਹਿਤ ਚੀਤ—ਹਿਤੁ ਚੀਤਿ, ਆਪਣੇ ਚਿੱਤ ਵਿਚ ਉਸ ਦਾ ਪਿਆਰ ਪੈਦਾ ਕਰ। ੪।

ਅਰਥ :—ਹੇ ਭਾਈ! ਮੈਂ ਤਾਂ ਪਰਮਾਤਮਾ ਦੀ ਭਗਤੀ ਵਿਚ ਲੱਗਣਾ ਚਾਹੁੰਦਾ ਹਾਂ। ਗੁਰੂ ਪਾਸੋਂ ਹੀ ਉਸ ਪ੍ਰਕਾਸ਼-ਰੂਪ ਮਾਇਆ-ਰਹਿਤ ਪ੍ਰਭੂ ਦੀ ਭਗਤੀ ਦੀ ਸੂਝ ਪੈ ਸਕਦੀ ਹੈ। ੧। ਰਹਾਉ।

ਹੇ ਮੂਰਖ! ਜਿਸ ਪ੍ਰਭੂ ਨੇ (ਤੈਨੂੰ) ਪੈਦਾ ਕਰ ਕੇ ਤੈਨੂੰ ਜਿੰਦ ਦਿੱਤੀ ਤੈਨੂੰ ਪ੍ਰਾਣ ਦਿੱਤੇ, ਜਿਸ ਪ੍ਰਭੂ ਨੇ ਮੇਹਰ ਕਰ ਕੇ ਸਰੀਰ ਵਿਚ (ਆਪਣੀ) ਜੋਤਿ ਰੱਖ ਦਿੱਤੀ ਹੈ, ਵਰਤਣ ਵਾਸਤੇ ਤੈਨੂੰ ਹਰੇਕ ਚੀਜ਼ ਦਿੱਤੀ ਹੈ, ਅਤੇ ਅਨੇਕਾਂ ਕਿਸਮਾਂ ਦੇ ਭੋਜਨ ਤੈਨੂੰ ਖਵਾਂਦਾ ਹੈ, ਉਸ ਪ੍ਰਭੂ ਨੂੰ ਵਿਸਾਰ ਕੇ (ਤੇਰਾ ਮਨ) ਹੋਰ ਕਿੱਥੇ ਭਟਕਦਾ ਰਹਿੰਦਾ ਹੈ ? ੧।

ਹੇ ਮੇਰੇ ਮਨ! ਸਦਾ ਉਸ ਪ੍ਰਭੂ ਦਾ ਧਿਆਨ ਧਰਿਆ ਕਰ, ਜਿਸ ਨੇ (ਜਗਤ ਵਿਚ) ਅਨੇਕਾਂ ਕਿਸਮਾਂ ਦੇ ਰੰਗ (-ਰੂਪ) ਪੈਦਾ ਕੀਤੇ ਹੋਏ ਹਨ, ਜੇਹੜਾ ਆਪਣੀ ਪੈਦਾ

ਕੀਤੀ ਰਚਨਾ ਨੂੰ ਅੱਖ ਦੇ ਫੋਰ ਵਿਚ ਨਾਸ ਕਰ ਸਕਦਾ ਹੈ, ਅਤੇ ਜਿਸ ਦੀ ਬਾਬਤ ਇਹ ਨਹੀਂ ਕਿਹਾ ਜਾ ਸਕਦਾ ਕਿ ਉਹ ਕਿਹੋ ਜਿਹਾ ਹੈ ਅਤੇ ਕੇਡਾ ਵੱਡਾ ਹੈ। ੨।

ਹੇ ਮਨ! ਉਹ ਮਾਲਕ-ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, ਉਹ ਨਾਂਹ ਜੰਮਦਾ ਹੈ ਨਾਂਹ ਮਰਦਾ ਹੈ। ਮੈਂ ਉਸ ਦੇ ਕਿਤਨੇ ਕੁ ਗੁਣ ਗਿਣਾਂ? ਉਹ ਬੇਅੰਤ ਗੁਣਾਂ ਦਾ ਮਾਲਕ ਹੈ। ਉਸ ਦੇ ਘਰ ਵਿਚ ਉਸ ਦੇ ਗੁਣਾਂ-ਰੂਪ ਲਾਲਾਂ ਦੇ ਖ਼ਜ਼ਾਨੇ ਭਰੇ ਪਏ ਹਨ। ਉਹ ਪ੍ਰਭੂ ਸਭ ਜੀਵਾਂ ਨੂੰ ਆਸਰਾ ਦੇਂਦਾ ਹੈ। ੩।

ਹੇ ਮਨ! ਜਿਸ ਪ੍ਰਭੂ ਦਾ ਨਾਮ (ਹੀ ਦੱਸਦਾ ਹੈ ਕਿ ਉਹ) ਸਦਾ ਕਾਇਮ ਰਹਿਣ ਵਾਲਾ ਹੈ ਅਤੇ ਸਰਬ-ਵਿਆਪਕ ਹੈ, ਉਸ ਦਾ ਜਸ ਹਰ ਵੇਲੇ ਗਾਇਆ ਕਰ, (ਉਸ ਦੀ ਸਿਫ਼ਤਿ ਸਾਲਾਹ ਦੀ ਬਰਕਤ ਨਾਲ) ਕ੍ਰੋੜਾਂ ਪਾਪ ਮਿਟ ਜਾਂਦੇ ਹਨ। ਹੇ ਨਾਨਕ! ਆਪਣੇ ਚਿੱਤ ਵਿਚ ਉਸ ਪ੍ਰਭੂ ਦਾ ਪਿਆਰ ਪੈਦਾ ਕਰ, ਉਹ (ਹਰੇਕ ਜੀਵ ਦਾ) ਮੁੱਢ ਦਾ ਸਾਥੀ ਹੈ, ਭਗਤਾਂ ਦਾ ਮਿੱਤਰ ਹੈ ਅਤੇ (ਹਰੇਕ ਦੀ) ਜਿੰਦ ਦਾ ਆਸਰਾ ਹੈ।੪।੧।੩।

ਗੋਂਡ ਮਹਲਾ ੫ ॥ ਨਾਮ ਸੰਗਿ ਕੀਨੋ ਬਿਉਹਾਰੁ ॥ ਨਾਮੋੁ ਹੀ ਇਸੁ ਮਨ ਕਾ ਅਧਾਰੁ ॥ ਨਾਮੋ ਹੀ ਚਿਤਿ ਕੀਨੀ ਓਟ ॥ ਨਾਮੁ ਜਪਤ ਮਿਟਹਿ ਪਾਪ ਕੋਟਿ ॥ ੧ ॥ ਰਾਸਿ ਦੀਈ ਹਰਿ ਏਕੋ ਨਾਮੁ ॥ ਮਨ ਕਾ ਇਸਟੁ ਗੁਰ ਸੰਗਿ ਧਿਆਨੁ ॥ ੧ ॥ ਰਹਾਉ ॥ ਨਾਮੁ ਹਮਾਰੇ ਜੀਅ ਕੀ ਰਾਸਿ ॥ਨਾਮੋ ਸੰਗੀ ਜਤ ਕਤ ਜਾਤ ॥ਨਾਮੋ ਹੀ ਮਨਿ ਲਾਗਾ ਮੀਠਾ ॥ਜਲਿ ਥਲਿ ਸਭ ਮਹਿ ਨਾਮੋ ਡੀਠਾ ॥੨॥ ਨਾਮੇ ਦਰਗਹ ਮੁਖ ਉਜਲੇ॥ ਨਾਮੇ ਸਗਲੇ ਕੁਲ ਉਧਰੇ ॥ ਨਾਮਿ ਹਮਾਰੇ ਕਾਰਜ ਸੀਧ ॥ ਨਾਮ ਸੰਗਿ ਇਹੁ ਮਨੂਆ ਗੀਧ ॥ ੩ ॥ ਨਾਮੇ ਹੀ ਹਮ ਨਿਰਭਉ ਭਏ ॥ ਨਾਮੇ ਆਵਨ ਜਾਵਨ ਰਹੇ॥ ਗੁਰਿ ਪੂਰੈ ਮੇਲੇ ਗੁਣਤਾਸ ॥ ਕਹੁ ਨਾਨਕ ਸੁਖਿ ਸਹਜਿ ਨਿਵਾਸੁ ॥੪॥੨॥੪॥

[ਪੰਨਾ ੮੬੩]

ਪਦ ਅਰਥ :—ਨਾਮ ਸੰਗਿ—ਪ੍ਰਭੂ ਦੇ ਨਾਮ ਨਾਲ। ਕੀਨੋ—ਕੀਤਾ ਹੈ। ਨਾਮੋੁ—[ਅੱਖਰ 'ਮ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਨਾਮੁ' ਹੈ, ਇਥੇ 'ਨਾਮੋ' ਪੜ੍ਹਨਾ ਹੈ]। ਅਧਾਰੁ—ਆਸਰਾ। ਚਿਤਿ—ਚਿੱਤ ਵਿਚ। ਓਟ—ਆਸਰਾ। ਮਿਟਹਿ—ਮਿਟ ਜਾਂਦੇ ਹਨ। ਕੋਟਿ—ਕ੍ਰੋੜਾਂ। ੧।

ਰਾਸਿ—ਪੂੰਜੀ, ਸਰਮਾਇਆ। ਦੀਈ—ਦਿੱਤੀ ਹੈ (ਗੁਰੂ ਨੇ)। ਇਸਟੁ—ਸਭ ਤੋਂ ਪਿਆਰਾ (ਪੂਜਣ-ਜੋਗ)। ੧। ਰਹਾਉ।

ਜੀਅ ਕੀ—ਜਿੰਦ ਦੀ। ਸੰਗੀ—ਸਾਥੀ। ਜਤ ਕਤ—ਜਿੱਥੇ ਕਿੱਥੈ, ਹਰ ਥਾਂ। ਜਾਤ—ਜਾਂਦਾ ਹੈ। ਮਨਿ—ਮਨ ਵਿਚ। ਜਲਿ—ਜਲ ਵਿਚ। ਥਲਿ—ਧਰਤੀ ਵਿਚ, ਧਰਤੀ ਉਤੇ।

ਨਾਮੋ–ਨਾਮ ਹੀ, ਪਰਮਾਤਮਾ ਹੀ ।

ਨਾਮੇ–ਨਾਮਿ ਹੀ, ਨਾਮ ਦੀ ਰਾਹੀਂ ਹੀ । ਮੁਖ ਉਜਲੇ–ਸੁਰਖ਼ਰੂ । ਸਗਲੇ–ਸਾਰੇ। ਉਧਰੇ–(ਸੰਸਾਰ–ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ । ਨਾਮਿ–ਨਾਮ ਦੀ ਰਾਹੀਂ । ਸੀਧ–ਸਿੱਧ, ਸਫਲ । ਗੀਧ–ਗਿੱਝ ਗਿਆ ਹੈ । ੩ ।

ਆਵਨ ਜਾਵਨ–ਜਨਮ ਮਰਨ ਦੇ ਗੇੜ । ਰਹੇ–ਮੁੱਕ ਜਾਂਦੇ ਹਨ । ਗੁਰਿ–ਗੁਰੂ ਨੇ । ਗੁਣਤਾਸ–ਗੁਣਾਂ ਦਾ ਖ਼ਜ਼ਾਨਾ ਪ੍ਰਭੂ । ਸੁਖਿ–ਸੁਖ ਵਿਚ । ਸਹਜਿ–ਆਤਮਕ ਅਡੋਲਤਾ ਵਿਚ । ੪ ।

ਅਰਥ :–ਹੇ ਭਾਈ ! ਗੁਰੂ ਨੇ ਮੈਨੂੰ ਪਰਮਾਤਮਾ ਦਾ ਨਾਮ ਹੀ ਸਰਮਾਇਆ ਦਿੱਤਾ ਹੈ (ਤਾ ਕਿ ਮੈਂ ਉੱਚੇ ਆਤਮਕ ਜੀਵਨ ਦਾ ਵਪਾਰ ਕਰ ਸਕਾਂ) । (ਹੁਣ ਪ੍ਰਭੂ ਦਾ ਨਾਮ ਹੀ) ਮੇਰੇ ਮਨ ਦਾ ਸਭ ਤੋਂ ਵੱਡਾ ਪਿਆਰਾ (ਪੂਜਣ-ਜੋਗ ਦੇਵਤਾ ਬਣ ਗਿਆ) ਹੈ । (ਪਰ, ਹੇ ਭਾਈ !) ਗੁਰੂ ਦੀ ਸੰਗਤਿ ਵਿਚ ਰਹਿ ਕੇ ਹੀ ਹਰਿ-ਨਾਮ ਦਾ ਧਿਆਨ ਬਣ ਸਕਦਾ ਹੈ (ਹਰਿ-ਨਾਮ ਵਿਚ ਸੁਰਤਿ ਜੁੜ ਸਕਦੀ ਹੈ) । ੧ । ਰਹਾਉ ।

(ਹੇ ਭਾਈ ! ਗੁਰੂ ਦੀ ਕਿਰਪਾ ਨਾਲ ਹੁਣ) ਮੈਂ ਪ੍ਰਭੂ ਦੇ ਨਾਮ ਨਾਲ (ਆਤਮਕ ਜੀਵਨ ਦਾ) ਵਪਾਰ ਕਰ ਰਿਹਾ ਹਾਂ । ਪ੍ਰਭੂ ਦਾ ਨਾਮ ਹੀ (ਮੇਰੇ) ਇਸ ਮਨ ਦਾ ਆਸਰਾ ਬਣ ਗਿਆ ਹੈ । ਨਾਮ ਨੂੰ ਹੀ ਮੈਂ ਆਪਣੇ ਚਿੱਤ ਵਿਚ (ਜੀਵਨ ਦਾ) ਸਹਾਰਾ ਬਣਾ ਲਿਆ ਹੈ । (ਹੇ ਭਾਈ! ਪ੍ਰਭੂ ਦਾ) ਨਾਮ ਜਪਦਿਆਂ ਕ੍ਰੋੜਾਂ ਪਾਪ ਮਿਟ ਜਾਂਦੇ ਹਨ । ੧ ।

(ਹੇ ਭਾਈ ! ਗੁਰੂ ਦੀ ਕਿਰਪਾ ਨਾਲ ਪ੍ਰਭੂ ਦਾ) ਨਾਮ ਮੇਰੀ ਜਿੰਦ ਦਾ ਸਰਮਾਇਆ ਬਣ ਚੁਕਾ ਹੈ, ਨਾਮ ਹੀ ਮੇਰਾ ਸਾਥੀ ਹਰ ਥਾਂ ਮੇਰੇ ਨਾਲ ਤੁਰਿਆ ਫਿਰਦਾ ਹੈ। ਪ੍ਰਭੂ ਦਾ ਨਾਮ ਹੀ ਮੇਰੇ ਮਨ ਵਿਚ ਮਿੱਠਾ ਲੱਗ ਰਿਹਾ ਹੈ । ਪਾਣੀ ਵਿਚ ਧਰਤੀ ਉਤੇ ਸਭ ਜੀਵਾਂ ਵਿਚ ਮੈਨੂੰ ਹਰਿ-ਨਾਮ ਹੀ (ਹਰੀ ਹੀ) ਦਿੱਸ ਰਿਹਾ ਹੈ । ੨ ।

ਹੇ ਭਾਈ ! ਨਾਮ ਦੀ ਬਰਕਤ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਮਾਣ ਪ੍ਰਾਪਤ ਕਰੀਦਾ ਹੈ, ਨਾਮ ਦੀ ਰਾਹੀਂ ਸਾਰੀਆਂ ਕੁਲਾਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੀਆਂ ਹਨ । ਪ੍ਰਭੂ ਦੇ ਨਾਮ ਵਿਚ ਜੁੜਿਆਂ ਮੇਰੇ ਸਾਰੇ ਕੰਮ-ਕਾਰ ਸਫਲ ਹੋ ਰਹੇ ਹਨ । ਹੁਣ ਮੇਰਾ ਇਹ ਮਨ ਪਰਮਾਤਮਾ ਦੇ ਨਾਮ ਨਾਲ ਗਿੱਝ ਗਿਆ ਹੈ । ੩ ।

ਹੇ ਭਾਈ !ਪ੍ਰਭੂ-ਨਾਮ ਦਾ ਸਦਕਾ ਹੀ ਦੁਨੀਆ ਦਾ ਕੋਈ ਡਰ ਪੋਹ ਨਹੀਂ ਸਕਦਾ। ਹਰਿ-ਨਾਮ ਵਿਚ ਜੁੜਿਆਂ ਹੀ ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ । (ਪਰ) ਪੂਰੇ ਗੁਰੂ ਨੇ (ਹੀ ਸਦਾ) ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨਾਲ (ਜੀਵਾਂ ਨੂੰ) ਮਿਲਾਇਆ ਹੈ (ਗੁਰੂ ਹੀ ਮਿਲਾਂਦਾ ਹੈ) । ਹੇ ਨਾਨਕ ! ਆਖ–(ਪ੍ਰਭੂ ਦੇ ਨਾਮ ਦੀ ਬਰਕਤਿ ਨਾਲ) ਆਨੰਦ ਵਿਚ ਆਤਮਕ ਅਡੋਲਤਾ ਵਿਚ ਟਿਕਾਣਾ ਮਿਲ ਜਾਂਦਾ ਹੈ ।੪।੨।੪।

ਗੋਂਡ ਮਹਲਾ ੫॥ ਨਿਮਾਨੇ ਕਉ ਜੋ ਦੇਤੋ ਮਾਨੁ॥ ਸਗਲ ਭੂਖੇ ਕਉ ਕਰਤਾ ਦਾਨੁ ।। ਗਰਭ ਘੋਰ ਮਹਿ ਰਾਖਨਹਾਰੁ ॥ ਤਿਸੁ ਠਾਕੁਰ ਕਉ ਸਦਾ ਨਮਸਕਾਰੁ ।।੧।। ਐਸੋ ਪ੍ਰਭੁ ਮਨ ਮਾਹਿ ਧਿਆਇ॥ਘਟਿ ਅਵਘਟਿ ਜਤ ਕਤਹਿ ਸਹਾਇ ।।੧।। ਰਹਾਉ ॥ ਰੰਕੁ ਰਾਉ ਜਾ ਕੈ ਏਕ ਸਮਾਨਿ॥ ਕੀਟ ਹਸਤਿ ਸਗਲ ਪੂਰਾਨ ॥ ਬੀਓ ਪੂਛਿ ਨਾ ਮਸਲਤਿ ਧਰੈ ॥ ਜੋ ਕਿਛੁ ਕਰੈ ਸੁ ਆਪਹਿ ਕਰੈ ॥ ੨ ॥ ਜਾ ਕਾ ਅੰਤੁ ਨ ਜਾਨਸਿ ਕੋਇ ॥ ਆਪੇ ਆਪਿ ਨਿਰੰਜਨੁ ਸੋਇ ।। ਆਪਿ ਅਕਾਰੁ ਆਪਿ ਨਿਰੰਕਾਰੁ॥ ਘਟ ਘਟ ਘਟਿ ਸਭ ਘਟ ਆਧਾਰੁ ।। ੩ ।। ਨਾਮ ਰੰਗਿ ਭਗਤ ਭਏ ਲਾਲ ।। ਜਸੁ ਕਰਤੇ ਸੰਤ ਸਦਾ ਨਿਹਾਲ ॥ ਨਾਮ ਰੰਗਿ ਜਨ ਰਹੇ ਅਘਾਇ।।ਨਾਨਕ ਤਿਨ ਜਨ ਲਾਗੈ ਪਾਇ ॥ ੪ ॥ ੩ ॥ ੫ ॥ [ਪੰਨਾ ੮੬੩]

ਪਦ ਅਰਥ :-ਮਾਨੁ-ਆਦਰ, ਸਤਕਾਰ । ਕਉ-ਨੂੰ। ਕਰਤਾ ਦਾਨੁ-ਦਾਨ ਕਰਦਾ ਹੈ। ਘੋਰ-ਭਿਆਨਕ । ੧ ।

ਘਟਿ-(ਹਰੇਕ) ਸਰੀਰ ਵਿਚ। ਅਵਘਟ-ਸਰੀਰ ਤੋਂ ਬਾਹਰ । ਅਵਘਟਿ-ਸਰੀਰ ਤੋਂ ਬਾਹਰਲੇ ਥਾਂ ਵਿੱਚ। ਘਟਿ ਅਵਘਟਿ-ਸਰੀਰ ਦੇ ਅੰਦਰ ਅਤੇ ਬਾਹਰ। ਜਤ ਕਤਹਿ-ਜਿੱਥੇ ਕਿੱਥੇ, ਹਰ ਥਾਂ। ਸਹਾਇ-ਸਹਾਇਤਾ ਕਰਨ ਵਾਲਾ । ੧ । ਰਹਾਉ ।

ਰੰਕੁ-ਕੰਗਾਲ ਮਨੁੱਖ। ਰਾਉ-ਰਾਜਾ। ਜਾ ਕੈ-ਜਿਸ ਦੀ ਨਜ਼ਰ ਵਿਚ। ਏਕ ਸਮਾਨਿ-ਇਕੋ ਜਿਹੇ। ਕੀਟ-ਕੀੜੇ। ਹਸਤਿ-ਹਾਥੀ। ਸਗਲ-ਸਭਨਾਂ ਵਿਚ। ਪੂਰਾਨ-ਪੂਰਨ, ਵਿਆਪਕ। ਬੀਓ-ਦੂਜਾ, ਕੋਈ ਹੋਰ। ਪੂਛਿ-ਪੁੱਛ ਕੇ। ਮਸਲਤਿ-ਮਸ਼ਵਰਾ। ਆਪਹਿ-ਆਪਿ ਹੀ, ਆਪ ਹੀ । ੨ ।

ਜਾਨਸਿ-ਜਾਣ ਸਕੇਗਾ। ਨਿਰੰਜਨੁ-[ਨਿਰ-ਅੰਜਨੁ] ਮਾਇਆ ਦੇ ਪ੍ਰਭਾਵ ਤੋਂ ਪਰੇ। ਅਕਾਰੁ-ਦਿੱਸਦਾ ਜਗਤ। ਨਿਰੰਕਾਰੁ-[ਨਿਰ-ਆਕਾਰ] ਆਕਾਰ-ਰਹਿਤ, ਅਦ੍ਰਿਸ਼ਟ। ਘਟਿ-ਸਰੀਰ ਵਿਚ, ਹਿਰਦੇ ਵਿਚ। ਆਧਾਰੁ-ਆਸਰਾ। ੩ ।

ਰੰਗਿ-ਰੰਗ ਵਿਚ, ਪਿਆਰ ਵਿਚ। ਜਸੁ-ਸਿਫ਼ਤਿ ਸਾਲਾਹ। ਕਰਤੇ-ਕਰਦੇ। ਨਿਹਾਲ-ਪ੍ਰਸੰਨ। ਜਨ-(ਪ੍ਰਭੂ ਦੇ) ਸੇਵਕ। ਅਘਾਇ ਰਹੇ-ਰੱਜੇ ਰਹਿੰਦੇ ਹਨ, ਤ੍ਰਿਸ਼ਨਾ ਤੋਂ ਬਚੇ ਰਹਿੰਦੇ ਹਨ। ਲਾਗੈ-ਲੱਗਦਾ ਹੈ। ਤਿਨ ਪਾਇ-ਉਹਨਾਂ ਦੀ ਪੈਰੀਂ । ੪ ।

ਅਰਥ :-ਹੇ ਭਾਈ ! ਜੇਹੜਾ ਪ੍ਰਭੂ ਸਰੀਰ ਦੇ ਅੰਦਰ ਅਤੇ ਸਰੀਰ ਦੇ ਬਾਹਰ ਹਰ ਥਾਂ ਸਹਾਇਤਾ ਕਰਨ ਵਾਲਾ ਹੈ ਆਪਣੇ ਮਨ ਵਿਚ ਉਸ ਪ੍ਰਭੂ ਦਾ ਧਿਆਨ ਧਰਿਆ ਕਰ। ੧ । ਰਹਾਉ ।

ਹੇ ਭਾਈ ! ਉਸ ਮਾਲਕ-ਪ੍ਰਭੂ ਨੂੰ ਸਦਾ ਸਿਰ ਨਿਵਾਇਆ ਕਰ, ਜੇਹੜਾ ਨਿਮਾਣੇ ਨੂੰ ਮਾਣ ਦੇਂਦਾ ਹੈ, ਜੇਹੜਾ ਸਾਰੇ ਭੁੱਖਿਆਂ ਨੂੰ ਰੋਜ਼ੀ ਦੇਂਦਾ ਹੈ ਅਤੇ ਜੇਹੜਾ ਭਿਆਨਕ ਗਰਭ ਵਿਚ ਰੱਖਿਆ ਕਰਨ ਜੋਗਾ ਹੈ। ੧।

(ਹੇ ਭਾਈ ! ਉਸ ਪ੍ਰਭੂ ਦਾ ਧਿਆਨ ਧਰਿਆ ਕਰ) ਜਿਸ ਦੀ ਨਿਗਾਹ ਵਿਚ ਇਕ ਕੰਗਾਲ ਮਨੁੱਖ ਅਤੇ ਇਕ ਰਾਜਾ ਇਕੋ ਜਿਹੇ ਹਨ, ਜੋ ਕੀੜੇ ਹਾਥੀ ਸਭਨਾਂ ਵਿਚ ਹੀ ਵਿਆਪਕ ਹੈ, ਜੇਹੜਾ ਕਿਸੇ ਹੋਰ ਨੂੰ ਪੁੱਛ ਕੇ (ਕੋਈ ਕੰਮ ਕਰਨ ਦੀ) ਸਾਲਾਹ ਨਹੀਂ ਕਰਦਾ, (ਸਗੋਂ) ਜੋ ਕੁਝ ਕਰਦਾ ਹੈ ਉਹ ਆਪ ਕਰਦਾ ਹੈ। ੨।

(ਹੇ ਭਾਈ ! ਉਸ ਪ੍ਰਭੂ ਦਾ ਧਿਆਨ ਧਰਿਆ ਕਰ) ਜਿਸ (ਦੀ ਹਸਤੀ) ਦਾ ਅੰਤ ਕੋਈ ਭੀ ਜੀਵ ਜਾਣ ਨਹੀਂ ਸਕੇਗਾ। ਉਹ ਮਾਇਆ ਤੋਂ ਨਿਰਲੇਪ ਪ੍ਰਭੂ(ਹਰ ਥਾਂ) ਆਪ ਹੀ ਆਪ ਹੈ। ਇਹ ਸਾਰਾ ਦਿੱਸਦਾ ਜਗਤ ਉਸ ਦਾ ਆਪਣਾ ਹੀ ਸਰੂਪ ਹੈ, ਆਕਾਰ-ਰਹਿਤ ਭੀ ਉਹ ਆਪ ਹੀ ਹੈ। ਉਹ ਪ੍ਰਭੂ ਸਾਰੇ ਸਰੀਰਾਂ ਵਿਚ ਮੌਜੂਦ ਹੈ ਅਤੇ ਸਾਰੇ ਸਰੀਰਾਂ ਦਾ ਆਸਰਾ ਹੈ। ੩।

ਹੇ ਭਾਈ ! ਪਰਮਾਤਮਾ ਦੀ ਭਗਤੀ ਕਰਨ ਵਾਲੇ ਮਨੁੱਖ ਉਸ ਦੇ ਨਾਮ ਦੇ ਰੰਗ ਵਿਚ ਲਾਲ ਹੋਏ ਰਹਿੰਦੇ ਹਨ। ਉਸ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਂਦੇ ਹੋਏ ਸੰਤ ਜਨ ਸਦਾ ਖਿੜੇ ਰਹਿੰਦੇ ਹਨ। ਹੇ ਭਾਈ ! ਪ੍ਰਭੂ ਦੇ ਸੇਵਕ ਪ੍ਰਭੂ ਦੇ ਨਾਮ ਦੇ ਪ੍ਰੇਮ ਵਿਚ ਟਿਕ ਕੇ ਮਾਇਆ ਦੀ ਤ੍ਰਿਸ਼ਨਾ ਤੋਂ ਬਚੇ ਰਹਿੰਦੇ ਹਨ। ਨਾਨਕ ਉਹਨਾਂ ਸੇਵਕਾਂ ਦੀ ਚਰਨੀਂ ਲੱਗਦਾ ਹੈ। ੪। ੩। ੫।

ਗੋਂਡ ਮਹਲਾ ੫ ॥ ਜਾ ਕੈ ਸੰਗਿ ਇਹੁ ਮਨੁ ਨਿਰਮਲੁ ॥ ਜਾ ਕੈ ਸੰਗਿ ਹਰਿ ਹਰਿ ਸਿਮਰਨੁ ॥ ਜਾ ਕੈ ਸੰਗਿ ਕਿਲਬਿਖ ਹੋਹਿ ਨਾਸ ॥ ਜਾ ਕੈ ਸੰਗਿ ਰਿਦੈ ਪਰਗਾਸ ॥ ੧ ॥ ਸੇ ਸੰਤਨ ਹਰਿ ਕੇ ਮੇਰੇ ਮੀਤ ॥ ਕੇਵਲ ਨਾਮੁ ਗਾਈਐ ਜਾ ਕੈ ਨੀਤ ॥੧॥ਰਹਾਉ ॥ ਜਾ ਕੈ ਮੰਤ੍ਰਿ ਹਰਿ ਹਰਿ ਮਨਿ ਵਸੈ ॥ ਜਾ ਕੈ ਉਪਦੇਸਿ ਭਰਮੁ ਭਉ ਨਸੈ ॥ ਜਾ ਕੈ ਕੀਰਤਿ ਨਿਰਮਲ ਸਾਰ ॥ ਜਾ ਕੀ ਰੇਨੁ ਬਾਂਛੈ ਸੰਸਾਰ ॥ ੨ ॥ ਕੋਟਿ ਪਤਿਤ ਜਾ ਕੈ ਸੰਗਿ ਉਧਾਰ ॥ ਏਕੁ ਨਿਰੰਕਾਰੁ ਜਾ ਕੈ ਨਾਮ ਅਧਾਰ ॥ ਸਰਬ ਜੀਆਂ ਕਾ ਜਾਨੈ ਭੇਉ ॥ ਕ੍ਰਿਪਾ ਨਿਧਾਨ ਨਿਰੰਜਨ ਦੇਉ ॥ ੩ ॥ ਪਾਰਬ੍ਰਹਮ ਜਬ ਭਏ ਕ੍ਰਿਪਾਲ ॥ ਤਬ ਭੇਟੇ ਗੁਰ ਸਾਧ ਦਇਆਲ ॥ ਦਿਨੁ ਰੈਣਿ ਨਾਨਕੁ ਨਾਮੁ ਧਿਆਏ ॥ ਸੂਖ ਸਹਜ ਆਨੰਦ ਹਰਿ ਨਾਏ ॥੪॥੪॥੬॥ [ਪੰਨਾ ੮੬੩]

ਪਦ ਅਰਥ :–ਜਾ ਕੈ ਸੰਗਿ–ਜਿਨ੍ਹਾਂ(ਸੰਤ ਜਨਾਂ)ਦੀ ਸੰਗਤਿ ਵਿਚ। ਨਿਰਮਲੁ–

ਪਵਿੱਤਰ। ਕਿਲਬਿਖ–(ਸਾਰੇ) ਪਾਪ। ਹੋਹਿ–ਹੋ ਜਾਂਦੇ ਹਨ। ਰਿਦੈ–ਹਿਰਦੇ ਵਿਚ। ਪਰਗਾਸ–(ਆਤਮਕ ਜੀਵਨ ਦਾ) ਚਾਨਣ। ੧।

ਸੇ–[ਬਹੁ ਵਚਨ] ਉਹ। ਕੇਵਲ–ਸਿਰਫ਼। ਗਾਈਐ–ਗਾਇਆ ਜਾਂਦਾ ਹੈ। ਜਾ ਕੈ–ਜਿਨ੍ਹਾਂ ਦੇ ਘਰ ਵਿਚ। ਨੀਤ–ਨਿੱਤ, ਸਦਾ। ੧। ਰਹਾਉ।

ਜਾ ਕੈ ਮੰਤ੍ਰਿ–ਜਿਨ੍ਹਾਂ (ਸੰਤ ਜਨਾਂ) ਦੇ ਉਪਦੇਸ਼ ਨਾਲ। ਮਨਿ–ਮਨ ਵਿਚ। ਭਉ–ਡਰ। ਭਰਮੁ–ਵਹਿਮ। ਜਾ ਕੈ–ਜਿਨ੍ਹਾਂ ਦੇ ਹਿਰਦੇ ਵਿਚ। ਕੀਰਤਿ–ਸਿਫ਼ਤਿ-ਸਾਲਾਹ। ਸਾਰ–ਸ੍ਰੇਸ਼ਟ। ਜਾ ਕੀ ਰੇਨੁ–ਜਿਨ੍ਹਾਂ ਦੀ ਚਰਨ-ਧੂੜ। ਬਾਂਛੈ–ਲੋਚਦਾ ਹੈ। ੨।

ਕੋਟਿ ਪਤਿਤ–ਕ੍ਰੋੜਾਂ ਵਿਕਾਰੀ। ਉਧਾਰ–(ਵਿਕਾਰਾਂ ਤੋਂ) ਨਿਸਤਾਰਾ। ਨਿਰੰਕਾਰੁ–ਆਕਾਰ-ਰਹਿਤ ਪ੍ਰਭੂ। ਜਾ ਕੈ–ਜਿਨ੍ਹਾਂ ਦੇ ਹਿਰਦੇ ਵਿਚ। ਨਾਮ ਅਧਾਰ–ਨਾਮ ਦਾ ਆਸਰਾ। ਭੇਉ–ਭੇਤ। ਨਿਧਾਨ-ਖ਼ਜ਼ਾਨਾ। ਦੇਉ–ਪ੍ਰਕਾਸ਼-ਰੂਪ। ੩।

ਤਬ–ਤਦੋਂ। ਭੇਟੇ–ਮਿਲਦੇ ਹਨ। ਦਇਆਲ–ਦਇਆ ਦੇ ਘਰ। ਰੈਨਿ–ਰਾਤ। ਨਾਨਕੁ ਧਿਆਏ–ਨਾਨਕ ਸਿਮਰਦਾ ਹੈ। ਸਹਜ–ਆਤਮਕ ਅਡੋਲਤਾ। ਹਰਿ ਨਾਇ–ਹਰਿ ਨਾਇ, ਹਰੀ ਦੇ ਨਾਮ ਵਿਚ ਜੁੜਿਆਂ। ੪।

ਅਰਥ :–ਹੇ ਭਾਈ! ਮੇਰੇ ਮਿੱਤਰ ਤਾਂ ਪ੍ਰਭੂ ਦੇ ਉਹ ਸੰਤ ਜਨ ਹਨ, ਜਿਨ੍ਹਾਂ ਦੀ ਸੰਗਤਿ ਵਿਚ ਸਦਾ ਸਿਰਫ਼ ਹਰਿ-ਨਾਮ ਗਾਇਆ ਜਾਂਦਾ ਹੈ। ੧। ਰਹਾਉ।

(ਹੇ ਭਾਈ! ਮੇਰੇ ਮਿੱਤਰ ਤਾਂ ਉਹ ਸੰਤ ਜਨ ਹਨ) ਜਿਨ੍ਹਾਂ ਦੀ ਸੰਗਤਿ ਵਿਚ ਰਿਹਾਂ ਇਹ ਮਨ ਪਵਿੱਤਰ ਹੋ ਜਾਂਦਾ ਹੈ, ਜਿਨ੍ਹਾਂ ਦੀ ਸੰਗਤਿ ਵਿਚ ਸਦਾ ਹਰਿ-ਨਾਮ ਦਾ ਸਿਮਰਨ (ਕਰਨ ਦਾ ਮੌਕਾ ਮਿਲਦਾ) ਹੈ, ਜਿਨ੍ਹਾਂ ਦੀ ਸੰਗਤਿ ਵਿਚ ਰਿਹਾਂ ਸਾਰੇ ਪਾਪ ਨਾਸ ਹੋ ਜਾਂਦੇ ਹਨ, ਅਤੇ ਜਿਨ੍ਹਾਂ ਦੀ ਸੰਗਤਿ ਵਿਚ ਟਿਕਿਆਂ ਹਿਰਦੇ ਵਿਚ (ਸੁੱਚੇ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ। ੧।

(ਹੇ ਭਾਈ! ਮੇਰੇ ਮਿੱਤਰ ਤਾਂ ਉਹ ਸੰਤ ਜਨ ਹਨ) ਜਿਨ੍ਹਾਂ ਦੇ ਉਪਦੇਸ਼ ਦੀ ਬਰਕਤ ਨਾਲ ਪਰਮਾਤਮਾ ਦਾ ਨਾਮ ਮਨ ਵਿਚ ਆ ਵੱਸਦਾ ਹੈ, ਜਿਨ੍ਹਾਂ ਦੇ ਉਪਦੇਸ਼ ਨਾਲ (ਮਨ ਵਿਚੋਂ) ਹਰੇਕ ਡਰ ਹਰੇਕ ਭਰਮ-ਵਹਿਮ ਦੂਰ ਹੋ ਜਾਂਦਾ ਹੈ, ਜਿਨ੍ਹਾਂ ਦੇ ਹਿਰਦੇ ਵਿਚ ਸ੍ਰੇਸ਼ਟ ਅਤੇ ਪਵਿੱਤਰ ਕਰਨ ਵਾਲੀ ਹਰਿ-ਕੀਰਤੀ ਵੱਸਦੀ ਰਹਿੰਦੀ ਹੈ, ਅਤੇ ਜਿਨ੍ਹਾਂ ਦੀ ਚਰਨ-ਧੂੜ ਸਾਰਾ ਜਗਤ ਲੋੜਦਾ ਰਹਿੰਦਾ ਹੈ। ੨।

(ਹੇ ਭਾਈ! ਮੇਰੇ ਮਿੱਤਰ ਤਾਂ ਉਹ ਸੰਤ ਜਨ ਹਨ) ਜਿਨ੍ਹਾਂ ਦੀ ਸੰਗਤਿ ਵਿਚ ਰਹਿ ਕੇ ਕ੍ਰੋੜਾਂ ਵਿਕਾਰੀਆਂ ਦਾ (ਵਿਕਾਰਾਂ ਵਲੋਂ) ਨਿਸਤਾਰਾ ਹੋ ਜਾਂਦਾ ਹੈ, ਜਿਨ੍ਹਾਂ ਦੇ ਹਿਰਦੇ ਵਿਚ (ਹਰ ਵੇਲੇ) ਕੇਵਲ ਪਰਮਾਤਮਾ ਹੀ ਵੱਸਦਾ ਹੈ, ਜਿਨ੍ਹਾਂ ਦੇ ਅੰਦਰ ਉਸ ਪਰਮਾਤਮਾ ਦੇ ਨਾਮ ਦਾ ਆਸਰਾ ਬਣਿਆ ਰਹਿੰਦਾ ਹੈ ਜੋ ਸਾਰੇ ਜੀਵਾਂ (ਦੇ ਦਿਲ) ਦਾ ਭੇਤ ਜਾਣਦਾ

ਹੈ ਜੋ ਕਿਰਪਾ ਦਾ ਖ਼ਜ਼ਾਨਾ ਹੈ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ ਅਤੇ ਜੋ ਪ੍ਰਕਾਸ਼-ਰੂਪ ਹੈ। ੩।

(ਹੇ ਭਾਈ !) ਜਦੋਂ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਤਦੋਂ ਇਹੋ ਜਿਹੇ ਦਿਆਲ ਸੰਤ ਜਨ ਮਿਲਦੇ ਹਨ ਤਦੋਂ ਸਤਿਗੁਰੂ ਜੀ ਮਿਲਦੇ ਹਨ। (ਹੇ ਭਾਈ ! ਇਹੋ ਜਿਹੇ ਸੰਤ ਜਨਾਂ ਦੀ ਸੰਗਤਿ ਵਿਚ) ਨਾਨਕ ਦਿਨ ਰਾਤ ਪਰਮਾਤਮਾ ਦਾ ਨਾਮ ਸਿਮਰਦਾ ਹੈ, ਅਤੇ ਹਰਿ-ਨਾਮ ਦੀ ਬਰਕਤ ਨਾਲ (ਨਾਨਕ ਦੇ ਹਿਰਦੇ ਵਿਚ) ਆਤਮਕ ਅਡੋਲਤਾ ਦੇ ਸੁਖ ਆਨੰਦ ਬਣੇ ਰਹਿੰਦੇ ਹਨ। ੪। ੪। ੬।

ਗੋਂਡ ਮਹਲਾ ੫ ।। ਗੁਰ ਕੀ ਮੂਰਤਿ ਮਨ ਮਹਿ ਧਿਆਨੁ ।। ਗੁਰ ਕੈ ਸਬਦਿ ਮੰਤ੍ਰੁ ਮਨੁ ਮਾਨ ॥ ਗੁਰ ਕੇ ਚਰਨ ਰਿਦੈ ਲੈ ਧਾਰਉ ॥ ਗੁਰੁ ਪਾਰਬ੍ਰਹਮੁ ਸਦਾ ਨਮਸਕਾਰਉ ।।੧।। ਮਤ ਕੋ ਭਰਮਿ ਭੁਲੈ ਸੰਸਾਰਿ ।। ਗੁਰ ਬਿਨੁ ਕੋਇ ਨ ਉਤਰਸਿ ਪਾਰਿ ।।੧।। ਰਹਾਉ ।। ਭੂਲੇ ਕਉ ਗੁਰਿ ਮਾਰਗਿ ਪਾਇਆ ।। ਅਵਰ ਤਿਆਗਿ ਹਰਿ ਭਗਤੀ ਲਾਇਆ ।। ਜਨਮ ਮਰਨ ਕੀ ਤ੍ਰਾਸ ਮਿਟਾਈ ।। ਗੁਰ ਪੂਰੇ ਕੀ ਬੇਅੰਤ ਵਡਾਈ ।।੨।। ਗੁਰ ਪ੍ਰਸਾਦਿ ਊਰਧ ਕਮਲ ਬਿਗਾਸ ।। ਅੰਧਕਾਰ ਮਹਿ ਭਇਆ ਪ੍ਰਗਾਸ ।। ਜਿਨਿ ਕੀਆ ਸੋ ਗੁਰ ਤੇ ਜਾਨਿਆ ।। ਗੁਰ ਕਿਰਪਾ ਤੇ ਮੁਗਧ ਮਨੁ ਮਾਨਿਆ ।।੩।। ਗੁਰ ਕਰਤਾ ਗੁਰੁ ਕਰਣੈ ਜੋਗੁ ॥ ਗੁਰੁ ਪਰਮੇਸਰੁ ਹੈ ਭੀ ਹੋਗੁ ।। ਕਹੁ ਨਾਨਕ ਪ੍ਰਭਿ ਇਹੈ ਜਨਾਈ।। ਬਿਨੁ ਗੁਰ ਮੁਕਤਿ ਨ ਪਾਈਐ ਭਾਈ ।।੪।।੫।।੭।। [ਪੰਨਾ ੮੬੪]

ਪਦ ਅਰਥ :–ਗੁਰ ਕੀ ਮੂਰਤਿ–ਗੁਰੂ ਦਾ ਸ਼ਬਦ-ਰੂਪ ਮੂਰਤੀ। ਗੁਰ ਕੀ ਮੂਰਤਿ ਧਿਆਨੁ–ਗੁਰੂ ਦੇ ਸ਼ਬਦ-ਰੂਪ ਮੂਰਤੀ ਦਾ ਧਿਆਨ। ਗੁਰ ਕੈ ਸਬਦਿ–ਗੁਰੂ ਦੇ ਸ਼ਬਦ ਦੀ ਰਾਹੀਂ। ਮੰਤ੍ਰੁ–ਨਾਮ-ਮੰਤ੍ਰ। ਮਾਨ–ਮੰਨਦਾ ਹੈ। ਰਿਦੈ–ਹਿਰਦੇ ਵਿਚ। ਲੈ–ਲੈ ਕੇ। ਧਾਰਉ–ਧਾਰਉਂ, ਮੈਂ ਧਾਰਦਾ ਹਾਂ। ੧।

ਮਤ–ਮਤਾਂ। ਮਤ ਕੋ ਭੁਲੈ–ਮਤਾਂ ਕੋਈ ਭੁੱਲ ਜਾਏ, ਕਿਤੇ ਕੋਈ ਭੁੱਲ ਨਾਂਹ ਜਾਏ। ਸੰਸਾਰਿ–ਸੰਸਾਰ ਵਿਚ। ੧। ਰਹਾਉ।

ਕਉ–ਨੂੰ। ਗੁਰਿ–ਗੁਰੂ ਨੇ। ਮਾਰਗਿ–ਰਸਤੇ ਉਤੇ। ਅਵਰ–ਹੋਰ (ਦੇਵੀ ਦੇਵਤੇ ਆਦਿਕ ਦੀ ਭਗਤੀ)। ਤ੍ਰਾਸ–ਡਰ। ੨।

ਪ੍ਰਸਾਦਿ–ਕਿਰਪਾ ਨਾਲ। ਊਰਧ–ਉਲਟਿਆ ਹੋਇਆ। ਬਿਗਾਸ–ਖਿੜਾਉ। ਅੰਧਕਾਰ–ਹਨੇਰਾ। ਪ੍ਰਗਾਸ–ਚਾਨਣ। ਜਿਨਿ–ਜਿਸ (ਪ੍ਰਭੂ) ਨੇ। ਤੇ–ਤੋਂ, ਦੀ ਰਾਹੀਂ।

ਜਾਨਿਆ—ਜਾਣ ਲਿਆ, ਸਾਂਝ ਪਾ ਲਈ। ਮੁਗਧ—ਮੂਰਖ। ਮਾਨਿਆ—ਪਤੀਜ ਗਿਆ, ਗਿੱਝ ਗਿਆ। ੩।

ਕਰਣੈ ਜੋਗੁ—ਸਭ ਕੁਝ ਕਰਨ ਦੀ ਸਮਰਥਾ ਵਾਲਾ। ਹੋਗੁ—ਸਦਾ ਰਹੇਗਾ। ਪ੍ਰਭਿ—ਪ੍ਰਭੂ ਨੇ। ਇਹੈ—ਇਹੀ ਗੱਲ। ਜਨਾਈ—ਸਮਝਾਈ ਹੈ। ਮੁਕਤਿ—(ਮਾਇਆ ਦੇ ਮੋਹ ਦੇ ਅੰਧਕਾਰ ਤੋਂ) ਖਲਾਸੀ। ਭਾਈ—ਹੇ ਭਾਈ! ੪।

ਅਰਥ :—ਹੇ ਭਾਈ! ਦੁਨੀਆ ਵਿਚ ਕਿਤੇ ਕੋਈ ਮਨੁੱਖ ਭਟਕਣਾ ਵਿਚ ਪੈ ਕੇ (ਇਹ ਗੱਲ) ਨਾਂਹ ਭੁੱਲ ਜਾਏ, ਕਿ ਗੁਰੂ ਤੋਂ ਬਿਨਾ ਕੋਈ ਭੀ ਜੀਵ (ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘ ਸਕੇਗਾ। ੧। ਰਹਾਉ।

(ਤਾਹੀਏਂ, ਹੇ ਭਾਈ!) ਮੈਂ ਤਾਂ ਗੁਰੂ (ਨੂੰ) ਪਰਮਾਤਮਾ (ਦਾ ਰੂਪ ਜਾਣ ਕੇ ਉਸ) ਨੂੰ ਸਦਾ ਨਮਸਕਾਰ ਕਰਦਾ ਹਾਂ, ਗੁਰੂ ਦੇ ਚਰਨ ਆਪਣੇ ਹਿਰਦੇ ਵਿਚ ਲੈ ਕੇ ਵਸਾਈ ਰੱਖਦਾ ਹਾਂ। ਗੁਰੂ ਦੇ ਸ਼ਬਦ ਦੀ ਰਾਹੀਂ ਮੇਰਾ ਮਨ ਨਾਮ-ਮੰਤ੍ਰ ਨੂੰ (ਸਭ ਮੰਤ੍ਰਾਂ ਤੋਂ ਸ੍ਰੇਸ਼ਟ ਮੰਤ੍ਰ) ਮੰਨ ਰਿਹਾ ਹੈ। (ਹੇ ਭਾਈ! ਗੁਰੂ ਦਾ ਸ਼ਬਦ ਹੀ ਗੁਰੂ ਦੀ ਮੂਰਤੀ ਹੈ) ਗੁਰੂ ਦੀ (ਇਸ) ਮੂਰਤੀ ਦਾ (ਮੇਰੇ) ਮਨ ਵਿਚ ਧਿਆਨ ਟਿਕਿਆ ਰਹਿੰਦਾ ਹੈ। ੧।

ਹੇ ਭਾਈ! ਪੂਰੇ ਗੁਰੂ ਦੀ ਵਡਿਆਈ ਦਾ ਅੰਤ ਨਹੀਂ ਪੈ ਸਕਦਾ। ਕੁਰਾਹੇ ਜਾ ਰਹੇ ਮਨੁੱਖ ਨੂੰ ਗੁਰੂ ਨੇ (ਹੀ ਸਹੀ ਜੀਵਨ ਦੇ) ਰਸਤੇ ਉਤੇ (ਸਦਾ) ਪਾਇਆ ਹੈ, ਹੋਰ (ਦੇਵੀ ਦੇਵਤਿਆਂ ਦੀ ਭਗਤੀ) ਛਡਾ ਕੇ ਪਰਮਾਤਮਾ ਦੀ ਭਗਤੀ ਵਿਚ ਜੋੜਿਆ ਹੈ (ਤੇ, ਇਸ ਤਰ੍ਹਾਂ ਉਸ ਦੇ ਅੰਦਰੋਂ) ਜਨਮ ਮਰਨ ਦੇ ਗੇੜ ਦਾ ਸਹਿਮ ਮੁਕਾ ਦਿੱਤਾ ਹੈ। ੨।

ਹੇ ਭਾਈ! (ਮਾਇਆ ਵਲ) ਉਲਟਿਆ ਹੋਇਆ ਹਿਰਦਾ-ਕੌਲ ਗੁਰੂ ਦੀ ਕਿਰਪਾ ਨਾਲ (ਪਰਤ ਕੇ) ਖਿੜ ਪੈਂਦਾ ਹੈ। (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਵਿਚ (ਸਹੀ ਉੱਚੇ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ। ਗੁਰੂ ਦੀ ਰਾਹੀਂ ਉਸ ਪਰਮਾਤਮਾ ਨਾਲ ਜਾਣ-ਪਛਾਣ ਬਣ ਜਾਂਦੀ ਹੈ ਜਿਸ ਨੇ (ਇਹ ਸਾਰਾ ਜਗਤ) ਪੈਦਾ ਕੀਤਾ ਹੈ। (ਇਹ) ਮੂਰਖ ਮਨ ਗੁਰੂ ਦੀ ਕਿਰਪਾ ਨਾਲ (ਪ੍ਰਭੂ-ਚਰਨਾਂ ਵਿਚ ਜੁੜਨ) ਗਿੱਝ ਜਾਂਦਾ ਹੈ। ੩।

ਹੇ ਨਾਨਕ! ਆਖ—ਗੁਰੂ (ਆਤਮਕ ਅਵਸਥਾ ਵਿਚ ਕਰਤਾਰ ਨਾਲ ਇਕ-ਸੁਰ ਹੋਣ ਕਰਕੇ ਉਸ) ਕਰਤਾਰ ਦਾ ਰੂਪ ਹੈ ਜੋ ਸਭ ਕੁਝ ਕਰਨ ਦੇ ਸਮਰਥ ਹੈ। ਗੁਰੂ ਉਸ ਪਰਮੇਸਰ ਦਾ ਰੂਪ ਹੈ, ਜੋ (ਪਹਿਲਾਂ ਭੀ ਮੌਜੂਦ ਸੀ) ਹੁਣ ਭੀ ਮੌਜੂਦ ਹੈ ਅਤੇ ਸਦਾ ਕਾਇਮ ਰਹੇਗਾ। ਹੇ ਭਾਈ! ਗੁਰੂ (ਦੀ ਸਰਨ ਪੈਣ) ਤੋਂ ਬਿਨਾ ਮਾਇਆ ਦੇ ਮੋਹ ਦੇ ਅੰਧਕਾਰ ਤੋਂ) ਖਲਾਸੀ ਨਹੀਂ ਹੋ ਸਕਦੀ। ੪। ੫। ੭।

ਗੋਂਡ ਮਹਲਾ ੫ ।। ਗੁਰੂ ਗੁਰੂ ਗੁਰੁ ਕਰਿ ਮਨ ਮੋਰ ।। ਗੁਰੂ ਬਿਨਾ ਮੈ ਨਾਹੀ ਹੋਰ ।। ਗੁਰ ਕੀ ਟੇਕ ਰਹਹੁ ਦਿਨੁ ਰਾਤਿ ।। ਜਾ ਕੀ ਕੋਇ ਨ ਮੇਟੈ ਦਾਤਿ ॥ ੧ ॥ ਗੁਰੁ ਪਰਮੇਸਰੁ ਏਕੋ ਜਾਣੁ ॥ ਜੋ ਤਿਸੁ ਭਾਵੈ ਸੋ ਪਰਵਾਣੁ ।। ੧ ।। ਰਹਾਉ ।। ਗੁਰ ਚਰਣੀ ਜਾ ਕਾ ਮਨੁ ਲਾਗੈ ।। ਦੂਖੁ ਦਰਦੁ ਭ੍ਰਮੁ ਤਾ ਕਾ ਭਾਗੈ ।। ਗੁਰ ਕੀ ਸੇਵਾ ਪਾਏ ਮਾਨੁ ।। ਗੁਰ ਊਪਰਿ ਸਦਾ ਕੁਰਬਾਨੁ ।। ੨ ।। ਗੁਰ ਕਾ ਦਰਸਨੁ ਦੇਖਿ ਨਿਹਾਲ ।। ਗੁਰ ਕੇ ਸੇਵਕ ਕੀ ਪੂਰਨ ਘਾਲ ।। ਗੁਰ ਕੇ ਸੇਵਕ ਕਉ ਦੁਖੁ ਨ ਬਿਆਪੈ ।। ਗੁਰ ਕਾ ਸੇਵਕੁ ਦਹਦਿਸਿ ਜਾਪੈ ॥ ੩ ॥ ਗੁਰ ਕੀ ਮਹਿਮਾ ਕਥਨੁ ਨ ਜਾਇ ॥ ਪਾਰਬ੍ਰਹਮੁ ਗੁਰੁ ਰਹਿਆ ਸਮਾਇ ॥ ਕਹੁ ਨਾਨਕ ਜਾ ਕੇ ਪੂਰੇ ਭਾਗ ॥ ਗੁਰ ਚਰਣੀ ਤਾ ਕਾ ਮਨੁ ਲਾਗ ॥ ੪ ॥ ੬॥੮ ॥ [ਪੰਨਾ ੮੬੪]

ਪਦ ਅਰਥ :–ਕਰਿ–ਚੇਤੇ ਕਰਿਆ ਕਰ । ਮਨ ਮੋਰ–ਹੇ ਮੇਰੇ ਮਨ ! ਹੋਰ–ਹੋਰ (ਟੇਕ) । ਦਾਤਿ–ਨਾਮ ਦੀ ਦਾਤਿ । ੧ ।

ਏਕੋ–ਇਕ-ਰੂਪ । ਤਿਸੁ ਭਾਵੈ–ਉਸ ਨੂੰ ਚੰਗਾ ਲੱਗਦਾ ਹੈ । ਪਰਵਾਣੁ–ਕਬੂਲ । ੧ । ਰਹਾਉ ।

ਜਾ ਕਾ ਮਨੁ–ਜਿਸ ਮਨੁੱਖ ਦਾ ਮਨ । ਪਾਏ–ਖੱਟਦਾ । ਮਾਨੁ–ਆਦਰ । ੨ ।

ਦੇਖਿ–ਵੇਖ ਕੇ । ਨਿਹਾਲ–ਪ੍ਰਸੰਨ । ਘਾਲ–ਮੇਹਨਤ, ਕਮਾਈ । ਕਉ–ਨੂੰ । ਨ ਬਿਆਪੈ–ਜ਼ੋਰ ਨਹੀਂ ਪਾ ਸਕਦਾ । ਦਹਦਿਸਿ–ਦਸੀਂ ਪਾਸੀਂ [ਦਹ–ਦਸ । ਦਿਸ–ਪਾਸਾ] । ਜਾਪੈ–ਪਰਗਟ ਹੋ ਜਾਂਦਾ ਹੈ । ੩ ।

ਮਹਿਮਾ–ਵਡਿਆਈ । ਰਹਿਆ ਸਮਾਇ–ਹਰ ਥਾਂ ਮੌਜੂਦ ਹੈ । ੪ ।

ਅਰਥ :–ਹੇ ਭਾਈ ! ਗੁਰੂ ਅਤੇ ਪਰਮਾਤਮਾ ਨੂੰ ਇੱਕ-ਰੂਪ ਸਮਝੋ । ਜੋ ਕੁਝ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਉਹੀ ਗੁਰੂ ਭੀ (ਸਿਰ-ਮੱਥੇ) ਕਬੂਲ ਕਰਦਾ ਹੈ । ੧ । ਰਹਾਉ ।

ਹੇ ਮੇਰੇ ਮਨ ! ਹਰ ਵੇਲੇ ਗੁਰੂ (ਦੇ ਉਪਦੇਸ਼) ਨੂੰ ਚੇਤੇ ਰੱਖ, ਮੈਨੂੰ ਗੁਰੂ ਤੋਂ ਬਿਨਾ ਕੋਈ ਹੋਰ ਆਸਰਾ ਨਹੀਂ ਸੁੱਝਦਾ । ਹੇ ਮਨ ! ਜਿਸ ਗੁਰੂ ਦੀ ਬਖ਼ਸ਼ੀ ਹੋਈ ਆਤਮਕ ਜੀਵਨ ਦੀ ਦਾਤਿ ਨੂੰ ਕੋਈ ਮਿਟਾ ਨਹੀਂ ਸਕਦਾ ਉਸ ਗੁਰੂ ਦੇ ਆਸਰੇ ਦਿਨ ਰਾਤ ਟਿਕਿਆ ਰਹੁ । ੧ ।

ਹੇ ਮੇਰੇ ਮਨ! ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ, ਉਸ ਦੀ ਹਰੇਕ ਭਟਕਣਾ ਹਰੇਕ ਦੁੱਖ ਦਰਦ ਦੂਰ ਹੋ ਜਾਂਦਾ ਹੈ । ਹੇ ਮਨ! ਗੁਰੂ ਦੀ ਸਰਨ

ਪੈ ਕੇ ਮਨੁੱਖ (ਹਰ ਥਾਂ) ਆਦਰ ਹਾਸਲ ਕਰਦਾ ਹੈ। ਹੇ ਮੇਰੇ ਮਨ ! ਗੁਰੂ ਤੋਂ ਸਦਾ ਸਦਕੇ ਹੋ।੨।

ਹੇ ਮੇਰੇ ਮਨ ! ਗੁਰੂ ਦਾ ਦਰਸ਼ਨ ਕਰ ਕੇ (ਮਨੁੱਖ ਦਾ ਤਨ ਮਨ) ਖਿੜ ਜਾਂਦਾ ਹੈ। ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਦੀ ਮੇਹਨਤ ਸਫਲ ਹੋ ਜਾਂਦੀ ਹੈ। ਕੋਈ ਭੀ ਦੁੱਖ ਗੁਰੂ ਦੇ ਸੇਵਕ ਉਤੇ (ਆਪਣਾ) ਜ਼ੋਰ ਨਹੀਂ ਪਾ ਸਕਦਾ । ਗੁਰੂ ਦੀ ਸਰਨ ਰਹਿਣ ਵਾਲਾ ਮਨੁੱਖ ਸਾਰੇ ਸੰਸਾਰ ਵਿਚ ਪਰਗਟ ਹੋ ਜਾਂਦਾ ਹੈ।੩।

ਹੇ ਭਾਈ ! ਗੁਰੂ ਦੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ। ਗੁਰੂ ਉਸ ਪਰਮਾਤਮਾ ਦਾ ਰੂਪ ਹੈ, ਜੋ ਹਰ ਥਾਂ ਵਿਆਪਕ ਹੈ। ਹੇ ਨਾਨਕ ! ਆਖ-ਜਿਸ ਮਨੁੱਖ ਦੇ ਵੱਡੇ ਭਾਗ ਜਾਗਦੇ ਹਨ, ਉਸ ਦਾ ਮਨ ਗੁਰੂ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ। ੪।੬।੮।

ਗੋਂਡ ਮਹਲਾ ੫ ॥ ਗੁਰੁ ਮੇਰੀ ਪੂਜਾ ਗੁਰੁ ਗੋਬਿੰਦੁ ॥ ਗੁਰੁ ਮੇਰਾ ਪਾਰਬ੍ਰਹਮੁ ਗੁਰੁ ਭਗਵੰਤੁ ॥ ਗੁਰੁ ਮੇਰਾ ਦੇਉ ਅਲਖ ਅਭੇਉ ॥ ਸਰਬ ਪੂਜ ਚਰਨ ਗੁਰ ਸੇਉ ॥ ੧ ॥ ਗੁਰ ਬਿਨੁ ਅਵਰੁ ਨਾਹੀ ਮੈ ਥਾਉ ॥ ਅਨਦਿਨੁ ਜਪਉ ਗੁਰੂ ਗੁਰ ਨਾਉ ॥੧॥ ਰਹਾਉ ॥ ਗੁਰੁ ਮੇਰਾ ਗਿਆਨੁ ਗੁਰੁ ਰਿਦੈ ਧਿਆਨੁ ॥ ਗੁਰੁ ਗੋਪਾਲੁ ਪੁਰਖੁ ਭਗਵਾਨੁ ॥ ਗੁਰ ਕੀ ਸਰਣਿ ਰਹਉ ਕਰ ਜੋਰਿ ॥ ਗੁਰੂ ਬਿਨਾ ਮੈ ਨਾਹੀ ਹੋਰੁ ॥ ਗੁਰੁ ਬੋਹਿਥੁ ਤਾਰੇ ਭਵ ਪਾਰਿ ॥ ਗੁਰ ਸੇਵਾ ਜਮ ਤੇ ਛੁਟਕਾਰਿ ॥ ਅੰਧਕਾਰ ਮਹਿ ਗੁਰ ਮੰਤ੍ਰੁ ਉਜਾਰਾ ॥ ਗੁਰ ਕੈ ਸੰਗਿ ਸਗਲ ਨਿਸਤਾਰਾ ॥੩॥ ਗੁਰੁ ਪੂਰਾ ਪਾਈਐ ਵਡਭਾਗੀ ॥ ਗੁਰ ਕੀ ਸੇਵਾ ਦੂਖੁ ਨ ਲਾਗੀ ॥ ਗੁਰ ਕਾ ਸਬਦੁ ਨ ਮੇਟੈ ਕੋਇ ॥ ਗੁਰੁ ਨਾਨਕੁ ਨਾਨਕੁ ਹਰਿ ਸੋਇ ॥ ੪ ॥ ੭ ॥ ੯ ॥ [ਪੰਨਾ ੮੬੪]

ਪਦ ਅਰਥ :-ਭਗਵੰਤੁ-ਸਮਰਥਾ ਵਾਲਾ। ਦੇਉ-ਪ੍ਰਕਾਸ਼-ਰੂਪ ਪ੍ਰਭੂ। ਅਲਖ-ਅ-ਲੱਖ, ਜਿਸ ਦਾ ਸਰੂਪ ਬਿਆਨ ਤੋਂ ਪਰੇ ਹੈ । ਅਭੇਉ-ਅ-ਭੇਉ, ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ। ਸਰਬ ਪੂਜ ਚਰਨ ਗੁਰ-ਗੁਰੂ ਦੇ ਚਰਨ ਜਿਨ੍ਹਾਂ ਦੀ ਪੂਜਾ ਸਾਰੀ ਸ੍ਰਿਸ਼ਟੀ ਕਰਦੀ ਹੈ। ਸੇਉ-ਸੇਉਂ, ਮੈਂ ਸੇਂਵਦਾ ਹਾਂ।੧।

ਅਵਰੁ ਥਾਉ-ਹੋਰ ਥਾਂ। ਅਨਦਿਨੁ-ਹਰ ਰੋਜ਼। ਜਪਉ-ਜਪਉਂ, ਮੈਂ ਜਪਦਾ ਹਾਂ। ੧।ਰਹਾਉ।

ਗਿਆਨੁ-ਧਾਰਮਿਕ ਚਰਚਾ। ਰਿਦੈ-ਹਿਰਦੇ ਵਿਚ। ਧਿਆਨੁ-ਸਮਾਧੀ। ਰਹਉ-ਰਹਉਂ, ਮੈਂ ਰਹਿੰਦਾ ਹਾਂ। ਕਰ ਜੋਰਿ-(ਦੋਵੇਂ) ਹੱਥ ਜੋੜ ਕੇ। ਹੋਰੁ-ਹੋਰ ਥਾਂ।੨।

ਬੋਹਿਥੁ—ਜਹਾਜ਼। ਭਵ—ਸੰਸਾਰ-ਸਮੁੰਦਰ। ਤੇ—ਤੋਂ। ਛੁਟਕਾਰਿ—ਖਲਾਸੀ। ਅੰਧਕਾਰ—ਘੁੱਪ ਹਨੇਰਾ। ਮੰਤ੍ਰ—ਉਪਦੇਸ਼, ਸ਼ਬਦ। ਉਜਾਰਾ—ਚਾਨਣ। ਕੈ ਸੰਗਿ—ਦੀ ਸੰਗਤਿ ਵਿਚ। ਸਗਲ—ਸਾਰੇ ਜੀਵ। ਨਿਸਤਾਰਾ—ਪਾਰ-ਉਤਾਰਾ। ੩।

ਵਡਭਾਗੀ—ਵੱਡੇ ਭਾਗਾਂ ਨਾਲ। ਪਾਈਐ—ਮਿਲਦਾ ਹੈ। ੪।

ਅਰਥ :—ਹੇ ਭਾਈ ! (ਮਾਇਆ ਦੇ ਮੋਹ ਦੇ ਘੁੱਪ ਹਨੇਰੇ ਵਿਚੋਂ ਬਚਣ ਲਈ) ਗੁਰੂ ਤੋਂ ਬਿਨਾ ਮੈਨੂੰ ਕੋਈ ਹੋਰ ਥਾਂ ਨਹੀਂ ਸੁੱਝਦਾ (ਜਿਸ ਦਾ ਆਸਰਾ ਲੈ ਸਕਾਂ। ਸੋ) ਮੈਂ ਹਰ ਵੇਲੇ ਗੁਰੂ ਦਾ ਨਾਮ ਹੀ ਜਪਦਾ ਹਾਂ (ਗੁਰੂ ਦੀ ਓਟ ਹੀ ਤੱਕੀ ਬੈਠਾ ਹਾਂ)। ੧। ਰਹਾਉ।

ਹੇ ਭਾਈ ! (ਮੇਰਾ) ਗੁਰੂ (ਗੁਰੂ ਦੀ ਸਰਨ ਹੀ) ਮੇਰੇ ਵਾਸਤੇ (ਦੇਵ-) ਪੂਜਾ ਹੈ, (ਮੇਰਾ) ਗੁਰੂ ਗੋਬਿੰਦ (ਦਾ ਰੂਪ) ਹੈ। ਮੇਰਾ ਗੁਰੂ ਪਰਮਾਤਮਾ (ਦਾ ਰੂਪ) ਹੈ, ਗੁਰੂ ਬੜੀ ਸਮਰਥਾ ਦਾ ਮਾਲਕ ਹੈ। ਮੇਰਾ ਗੁਰੂ ਉਸ ਪ੍ਰਕਾਸ਼-ਰੂਪ ਪ੍ਰਭੂ ਦਾ ਰੂਪ ਹੈ ਜਿਸ ਦਾ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ ਅਤੇ ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ। ਮੈਂ ਤਾਂ ਉਹਨਾਂ ਗੁਰ-ਚਰਨਾਂ ਦੀ ਸਰਨ ਪਿਆ ਰਹਿੰਦਾ ਹਾਂ ਜਿਨ੍ਹਾਂ ਨੂੰ ਸਾਰੀ ਸ੍ਰਿਸ਼ਟੀ ਪੂਜਦੀ ਹੈ। ੧।

ਹੇ ਭਾਈ ! ਗੁਰੂ ਹੀ ਮੇਰੇ ਵਾਸਤੇ ਧਾਰਮਿਕ ਚਰਚਾ ਹੈ, ਗੁਰੂ (ਸਦਾ ਮੇਰੇ) ਹਿਰਦੇ ਵਿਚ ਟਿਕਿਆ ਹੋਇਆ ਹੈ, ਇਹੀ ਮੇਰੀ ਸਮਾਧੀ ਹੈ। ਗੁਰੂ ਉਸ ਭਗਵਾਨ ਦਾ ਰੂਪ ਹੈ ਜੋ ਸਰਬ-ਵਿਆਪਕ ਹੈ ਅਤੇ ਸ੍ਰਿਸ਼ਟੀ ਦਾ ਪਾਲਣਹਾਰ ਹੈ। ਮੈਂ (ਆਪਣੇ) ਦੋਵੇਂ ਹੱਥ ਜੋੜ ਕੇ (ਸਦਾ) ਗੁਰੂ ਦੀ ਸਰਨ ਪਿਆ ਰਹਿੰਦਾ ਹਾਂ। ਗੁਰੂ ਤੋਂ ਬਿਨਾ ਮੈਨੂੰ ਕੋਈ ਹੋਰ ਆਸਰਾ ਨਹੀਂ ਸੁੱਝਦਾ। ੨।

ਹੇ ਭਾਈ ! ਗੁਰੂ ਜਹਾਜ਼ ਹੈ ਜੋ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ। ਗੁਰੂ ਦੀ ਸਰਨ ਪਿਆਂ ਜਮਾਂ (ਦੇ ਡਰ) ਤੋਂ ਖਲਾਸੀ ਮਿਲ ਜਾਂਦੀ ਹੈ। (ਮਾਇਆ ਦੇ ਮੋਹ ਦੇ) ਘੁੱਪ ਹਨੇਰੇ ਵਿਚ ਗੁਰੂ ਦਾ ਉਪਦੇਸ਼ ਹੀ (ਆਤਮਕ ਜੀਵਨ ਦਾ) ਚਾਨਣ ਦੇਂਦਾ ਹੈ। ਗੁਰੂ ਦੀ ਸੰਗਤਿ ਵਿਚ ਰਿਹਾਂ ਸਾਰੇ ਜੀਵਾਂ ਦਾ ਪਾਰ-ਉਤਾਰਾ ਹੋ ਜਾਂਦਾ ਹੈ। ੩।

ਹੇ ਭਾਈ ! ਵੱਡੀ ਕਿਸਮਤ ਨਾਲ ਪੂਰਾ ਗੁਰੂ ਮਿਲਦਾ ਹੈ। ਗੁਰੂ ਦੀ ਸਰਨ ਪਿਆਂ ਕੋਈ ਦੁੱਖ ਪੋਹ ਨਹੀਂ ਸਕਦਾ। (ਜਿਸ ਮਨੁੱਖ ਦੇ ਹਿਰਦੇ ਵਿਚ) ਗੁਰੂ ਦਾ ਸ਼ਬਦ (ਵੱਸ ਪਏ ਉਸ ਦੇ ਅੰਦਰੋਂ) ਕੋਈ ਮਨੁੱਖ (ਆਤਮਕ ਜੀਵਨ ਦੇ ਉਜਾਰੇ ਨੂੰ) ਮਿਟਾ ਨਹੀਂ ਸਕਦਾ। ਹੇ ਭਾਈ ! ਗੁਰੂ ਨਾਨਕ ਉਸ ਪਰਮਾਤਮਾ ਦਾ ਰੂਪ ਹੈ। ੪। ੭। ੯।

ਗੋਂਡ ਮਹਲਾ ੫ ॥ ਰਾਮ ਰਾਮ ਸੰਗਿ ਕਰਿ ਬਿਉਹਾਰ ॥ ਰਾਮ ਰਾਮ ਰਾਮ ਪ੍ਰਾਨ ਅਧਾਰ ॥ ਰਾਮ ਰਾਮ ਰਾਮ ਕੀਰਤਨੁ ਗਾਇ ॥ ਰਮਤ ਰਾਮੁ ਸਭ

ਰਹਿਓ ਸਮਾਇ ।।੧।। ਸੰਤ ਜਨਾ ਮਿਲਿ ਬੋਲਹੁ ਰਾਮ ॥ ਸਭ ਤੇ ਨਿਰਮਲ ਪੂਰਨ ਕਾਮ ।।੧।। ਰਹਾਉ।। ਰਾਮ ਰਾਮ ਧਨੁ ਸੰਚਿ ਭੰਡਾਰ ।। ਰਾਮ ਰਾਮ ਰਾਮ ਕਰਿ ਆਹਾਰ ।। ਰਾਮ ਰਾਮ ਵੀਸਰਿ ਨਹੀ ਜਾਇ ।। ਕਰਿ ਕਿਰਪਾ ਗੁਰਿ ਦੀਆ ਬਤਾਇ ।।੨।। ਰਾਮ ਰਾਮ ਰਾਮ ਸਦਾ ਸਹਾਇ ।। ਰਾਮ ਰਾਮ ਰਾਮ ਲਿਵ ਲਾਇ ।।ਰਾਮ ਰਾਮ ਜਪਿ ਨਿਰਮਲ ਭਏ ।।ਜਨਮ ਜਨਮ ਕੇ ਕਿਲਬਿਖ ਗਏ ।।੩।। ਰਮਤ ਰਾਮ ਜਨਮ ਮਰਣੁ ਨਿਵਾਰੈ ॥ ਉਚਰਤ ਰਾਮ ਭੈ ਪਾਰਿ ਉਤਾਰੈ।। ਸਭ ਤੇ ਊਚ ਰਾਮ ਪਰਗਾਸ ।। ਨਿਸਿ ਬਾਸੁਰ ਜਪਿ ਨਾਨਕ ਦਾਸ ।। ੪ ।। ੮ ।। ੧੦ ।। [ਪੰਨਾ ੮੬੫]

ਅਰਥ :–ਸੰਗਿ–ਨਾਲ। ਬਿਉਹਾਰ–ਵਣਜ, ਵਪਾਰ । ਪ੍ਰਾਨ ਅਧਾਰ–ਜਿੰਦ ਦਾ ਆਸਰਾ। ਰਮਤ–ਵਿਆਪਕ। ਸਭ–ਸਾਰੀ ਸ੍ਰਿਸ਼ਟੀ ਵਿਚ। ੧।

ਮਿਲਿ–ਮਿਲ ਕੇ। ਸਭ ਤੇ–ਸਭਨਾਂ (ਕੰਮਾਂ) ਨਾਲੋਂ। ਪੂਰਨ–ਸਫਲ।੧।ਰਹਾਉ।

ਸੰਚਿ–ਇਕੱਠਾ ਕਰ। ਭੰਡਾਰ–ਖ਼ਜ਼ਾਨੇ। ਆਹਾਰ–(ਜਿੰਦ ਦੀ) ਖ਼ੁਰਾਕ। ਗੁਰਿ–ਗੁਰੂ ਨੇ। ਕਰਿ–ਕਰ ਕੇ। ੨।

ਸਹਾਇ–ਸਹਾਇਤਾ ਕਰਨ ਵਾਲਾ। ਲਿਵ ਲਾਇ–ਸੁਰਤਿ ਜੋੜ। ਨਿਰਮਲ–ਪਵਿੱਤਰ। ਕਿਲਬਿਖ–ਪਾਪ। ੩।

ਰਮਤ–ਉਚਾਰਦਿਆਂ, ਸਿਮਰਦਿਆਂ। ਨਿਵਾਰੈ–ਦੂਰ ਕਰ ਦੇਂਦਾ ਹੈ। ਉਚਰਤ–ਉਚਾਰਦਿਆਂ। ਭੈ ਪਾਰਿ–ਡਰ ਤੋਂ ਪਾਰ।ਪਰਗਾਸ–ਚਾਨਣ।ਨਿਸਿ–ਰਾਤ। ਬਾਸੁਰ–ਦਿਨ। ੪।

ਅਰਥ :–ਹੇ ਭਾਈ !ਸੰਤ ਜਨਾਂ ਨਾਲ ਮਿਲ ਕੇ, ਪਰਮਾਤਮਾ ਦਾ ਨਾਮ ਸਿਮਰਿਆ ਕਰੋ। ਇਹ ਕੰਮ ਹੋਰ ਸਾਰੇ ਕੰਮਾਂ ਨਾਲੋਂ ਪਵਿੱਤਰ ਅਤੇ ਸਫਲ ਹੈ। ੧। ਰਹਾਉ।

(ਹੇ ਭਾਈ ! ਤੂੰ ਜਗਤ ਵਿਚ ਵਣਜ ਕਰਨ ਆਇਆ ਹੈਂ) ਪਰਮਾਤਮਾ ਦੇ ਨਾਮ (ਦੇ ਸਰਮਾਏ) ਨਾਲ (ਸਿਮਰਨ ਦਾ) ਵਣਜ ਕਰਿਆ ਕਰ। ਪਰਮਾਤਮਾ ਦੇ ਨਾਮ ਨੂੰ ਆਪਣੀ ਜਿੰਦ ਦਾ ਆਸਰਾ ਬਣਾ ਲੈ। ਜੇਹੜਾ ਪ੍ਰਭੂ ਹਰ ਥਾਂ ਵਿਆਪਕ ਹੈ, ਸਾਰੀ ਸ੍ਰਿਸ਼ਟੀ ਵਿਚ ਮੌਜੂਦ ਹੈ, ਹੇ ਭਾਈ ! ਸਦਾ ਹੀ ਉਸ ਦੀ ਸਿਫ਼ਤਿ ਸਾਲਾਹ ਕਰਿਆ ਕਰ। ੧।

ਹੇ ਭਾਈ! ਪਰਮਾਤਮਾ ਦਾ ਨਾਮ-ਧਨ ਇਕੱਠਾ ਕਰ, ਖ਼ਜ਼ਾਨੇ ਭਰ ਲੈ, ਪਰਮਾਤਮਾ ਦੇ ਨਾਮ ਨੂੰ ਆਪਣੀ ਜਿੰਦ ਦੀ ਖ਼ੁਰਾਕ ਬਣਾ ਲੈ। ਗੁਰੂ ਨੇ ਕਿਰਪਾ ਕਰ ਕੇ (ਮੈਨੂੰ ਇਹ ਗੱਲ) ਦੱਸ ਦਿੱਤੀ ਹੈ ਕਿ (ਵੇਖੀਂ,) ਕਿਤੇ ਪਰਮਾਤਮਾ ਦਾ ਨਾਮ ਤੈਨੂੰ ਭੁੱਲ ਨਾਂਹ ਜਾਏ। ੨।

ਹੇ ਭਾਈ ! ਜੇਹੜਾ ਪਰਮਾਤਮਾ ਸਦਾ ਹੀ ਸਹਾਇਤਾ ਕਰਨ ਵਾਲਾ ਹੈ, ਉਸ ਦੇ ਚਰਨਾਂ ਵਿਚ ਸਦਾ ਸੁਰਤਿ ਜੋੜੀ ਰੱਖ। ਪਰਮਾਤਮਾ ਦਾ ਨਾਮ ਜਪ ਜਪ ਕੇ ਜੀਵ ਪਵਿੱਤਰ ਜੀਵਨ ਵਾਲੇ ਬਣ ਜਾਂਦੇ ਹਨ, ਉਹਨਾਂ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਦੂਰ ਹੋ ਜਾਂਦੇ ਹਨ। ੩।

ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰਿਆਂ (ਪਰਮਾਤਮਾ ਮਨੁੱਖ ਦਾ) ਜਨਮ ਮਰਨ (ਦਾ ਗੇੜ) ਦੂਰ ਕਰ ਦੇਂਦਾ ਹੈ। ਪ੍ਰਭੂ ਦਾ ਨਾਮ ਉਚਾਰਦਿਆਂ (ਪ੍ਰਭੂ ਜੀਵ ਨੂੰ) ਸਹਿਮ (-ਭਰੇ ਸੰਸਾਰ-ਸਮੁੰਦਰ) ਤੋਂ ਪਾਰ ਲੰਘਾ ਦੇਂਦਾ ਹੈ। ਹੇ ਦਾਸ ਨਾਨਕ ! ਸਭ ਤੋਂ ਉੱਚੇ ਪ੍ਰਭੂ (ਦੇ ਨਾਮ) ਦਾ ਚਾਨਣ (ਆਪਣੇ ਅੰਦਰ) ਪੈਦਾ ਕਰ, ਦਿਨ ਰਾਤ ਉਸ ਦਾ ਨਾਮ ਜਪਿਆ ਕਰ। ੪। ੮। ੧੦।

ਗੋਂਡ ਮਹਲਾ ੫ ॥ ਉਨ ਕਉ ਖਸਮਿ ਕੀਨੀ ਠਾਕ ਹਾਰੇ ॥ ਦਾਸ ਸੰਗ ਤੇ ਮਾਰਿ ਬਿਦਾਰੇ॥ਗੋਬਿੰਦ ਭਗਤ ਕਾ ਮਹਲੁ ਨ ਪਾਇਆ॥ਰਾਮ ਜਨਾ ਮਿਲਿ ਮੰਗਲੁ ਗਾਇਆ ॥ ੧ ॥ ਸਗਲ ਸ੍ਰਿਸਟਿ ਕੇ ਪੰਚ ਸਿਕਦਾਰ ॥ ਰਾਮ ਭਗਤ ਕੇ ਪਾਨੀਹਾਰ ॥ ੧ ॥ ਰਹਾਉ ॥ ਜਗਤ ਪਾਸ ਤੇ ਲੇਤੇ ਦਾਨੁ ॥ ਗੋਬਿੰਦ ਭਗਤ ਕਉ ਕਰਹਿ ਸਲਾਮੁ ॥ ਲੂਟਿ ਲੇਹਿ ਸਾਕਤ ਪਤਿ ਖੋਵਹਿ ॥ ਸਾਧ ਜਨਾ ਪਗ ਮਲਿ ਮਲਿ ਧੋਵਹਿ ।।੨।। ਪੰਚ ਪੂਤ ਜਣੇ ਇਕ ਮਾਇ ॥ ਉਤਭੁਜ ਖੇਲੁ ਕਰਿ ਜਗਤ ਵਿਆਇ ॥ ਤੀਨਿ ਗੁਣਾ ਕੈ ਸੰਗਿ ਰਚਿ ਰਸੇ ॥ ਇਨ ਕਉ ਛੋਡਿ ਊਪਰਿ ਜਨ ਬਸੇ ।। ੩ ।। ਕਰਿ ਕਿਰਪਾ ਜਨ ਲੀਏ ਛਡਾਇ ॥ ਜਿਸ ਕੇ ਸੇ ਤਿਨਿ ਰਖੇ ਹਟਾਇ ॥ ਕਹੁ ਨਾਨਕ ਭਗਤਿ ਪ੍ਰਭ ਸਾਰੁ ।। ਬਿਨੁ ਭਗਤੀ ਸਭ ਹੋਇ ਖੁਆਰੁ ।।੪।।੯।।੧੧।। [ਪੰਨਾ ੮੬੫]

ਪਦ ਅਰਥ :–ਉਨ ਕਉ–ਉਹਨਾਂ (ਕਾਮਾਦਿਕ ਪੰਜਾਂ) ਨੂੰ। ਖਸਮਿ–ਖਸਮ-ਪ੍ਰਭੂ ਨੇ। ਠਾਕ–ਮਨਾਹੀ। ਹਾਰੇ–(ਸੰਤ ਜਨਾਂ ਦੇ ਸਾਹਮਣੇ ਉਹ) ਹਾਰ ਗਏ ਹਨ। ਸੰਗ ਤੇ–ਸੰਗ ਤੋਂ, ਪਾਸੋਂ। ਮਾਰਿ–ਮਾਰ ਕੇ। ਬਿਦਾਰੇ–ਨਾਸ ਕਰ ਦਿੱਤੇ। ਮਹਲੁ–ਟਿਕਾਣਾ। ਮਿਲਿ–ਮਿਲ ਕੇ। ਮੰਗਲੁ–ਸਿਫ਼ਤਿ ਸਾਲਾਹ ਦਾ ਗੀਤ। ੧।

ਸਗਲ–ਸਾਰੀ। ਸਿਕਦਾਰ–ਸਰਦਾਰ, ਚੌਧਰੀ। ਪਾਨੀਹਾਰ–ਪਾਣੀ ਭਰਨ ਵਾਲੇ ਗੁਲਾਮ। ੧। ਰਹਾਉ।

ਪਾਸ ਤੇ–ਪਾਸ ਤੋਂ, ਪਾਸੋਂ। ਦਾਨੁ–ਡੰਨ। ਕਰਹਿ–ਕਰਦੇ ਹਨ। ਸਾਕਤ–ਪ੍ਰਭੂ ਨਾਲੋਂ ਟੁੱਟੇ ਹੋਏ ਬੰਦੇ। ਪਤਿ–ਇੱਜ਼ਤ। ਖੋਵਹਿ–ਗਵਾ ਲੈਂਦੇ ਹਨ। ਪਗ–ਪੈਰ [ਬਹੁ ਵਚਨ]। ਮਲਿ–ਮਲ ਕੇ। ੨।

ਪੰਚ ਪੂਤ–(ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ–ਇਹ) ਪੰਜ ਪੁੱਤਰ। ਜਣੇ–ਜੰਮੇ ਹਨ। ਮਾਇ–ਮਾਇਆ ਨੇ। ਉਤਭੁਜ ਖੇਲੁ–(ਅੰਡਜ, ਜੇਰਜ, ਸੇਤਜ) ਉਤਭੁਜ (ਚਾਰ ਖਾਣੀਆਂ) ਦਾ ਤਮਾਸ਼ਾ। ਕਰਿ–ਕਰ ਕੇ, ਰਚ ਕੇ। ਵਿਆਇ–ਪੈਦਾ ਕਰਦੀ ਹੈ। ਤੀਨਿ–ਤਿੰਨ।ਤੀਨਿ ਗੁਣਾ–(ਰਜੋ, ਸਤੋ,ਤਮੋ)ਤਿੰਨ ਗੁਣ। ਕੈ ਸੰਗਿ–ਦੇ ਨਾਲ। ਰਚਿ–ਇਕ-ਮਿਕ ਹੋ ਕੇ। ਰਸੇ–ਮਸਤ ਹਨ। ਜਨ–ਪ੍ਰਭੂ ਦੇ ਸੇਵਕ। ੩।

ਜਿਸ ਕੇ–[ਲਫ਼ਜ਼'ਜਿਸੁ' ਦਾ _ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ]। ਸੇ–ਸਨ। ਤਿਨਿ–ਉਸ (ਪ੍ਰਭੂ) ਨੇ। ਹਟਾਇ–ਰੋਕ ਕੇ। ਸਾਰੁ–ਸੰਭਾਲ। ਸਭ–ਸਾਰੀ ਸ੍ਰਿਸ਼ਟੀ। ੪।

ਅਰਥ :–ਹੇ ਭਾਈ! (ਕਾਮ, ਕ੍ਰੋਧ, ਲੋਭ, ਮੋਹ, ਅਹੰਕਾਰ–ਇਹ) ਪੰਜ ਸਾਰੀ ਸ੍ਰਿਸ਼ਟੀ ਦੇ ਚੌਧਰੀ ਹਨ। ਪਰ ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦਿਆਂ ਦੇ ਇਹ ਨੌਕਰ ਹੋ ਕੇ ਰਹਿੰਦੇ ਹਨ। ੧। ਰਹਾਉ।

ਹੇ ਭਾਈ! ਜਦੋਂ ਮਾਲਕ-ਪ੍ਰਭੂ ਨੇ ਉਹਨਾਂ (ਪੰਜਾਂ ਚੌਧਰੀਆਂ) ਨੂੰ ਵਰਜਿਆ, ਤਾਂ ਉਹ (ਪ੍ਰਭੂ ਦੇ ਸੇਵਕਾਂ ਦੇ ਸਾਹਮਣੇ) ਹਾਰ ਮੰਨ ਗਏ। ਆਪਣੇ ਸੇਵਕਾਂ ਪਾਸੋਂ (ਪ੍ਰਭੂ ਨੇ ਉਹਨਾਂ ਨੂੰ) ਮਾਰ ਕੇ ਭਜਾ ਦਿੱਤਾ। ਉਹ ਚੌਧਰੀ ਪਰਮਾਤਮਾ ਦੇ ਭਗਤਾਂ ਦਾ ਟਿਕਾਣਾ ਲੱਭ ਨਾਹ ਸਕੇ, (ਕਿਉਂਕਿ) ਪਰਮਾਤਮਾ ਦੇ ਸੇਵਕਾਂ ਨੇ (ਸਦਾ) ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਵਿਆ ਹੈ। ੧।

ਹੇ ਭਾਈ! ਇਹ ਪੰਜ ਚੌਧਰੀ ਦੁਨੀਆ (ਦੇ ਲੋਕਾਂ) ਪਾਸੋਂ ਡੰਨ ਲੈਂਦੇ ਹਨ, ਪਰ ਪ੍ਰਭੂ ਦੇ ਭਗਤਾਂ ਨੂੰ ਨਮਸਕਾਰ ਕਰਦੇ ਹਨ। ਪ੍ਰਭੂ ਨਾਲੋਂ ਵਿਛੁੜੇ ਬੰਦਿਆਂ ਦੀ ਆਤਮਕ ਰਾਸਿ-ਪੂੰਜੀ ਲੁੱਟ ਲੈਂਦੇ ਹਨ, (ਸਾਕਤ ਇਥੇ ਆਪਣੀ) ਇੱਜ਼ਤ ਗਵਾ ਲੈਂਦੇ ਹਨ। ਪਰ ਇਹ ਚੌਧਰੀ ਗੁਰਮੁਖਾਂ ਦੇ ਪੈਰ ਮਲ ਮਲ ਕੇ ਧੋਂਦੇ ਹਨ। ੨।

(ਹੇ ਭਾਈ! ਪ੍ਰਭੂ ਦੇ ਹੁਕਮ ਵਿਚ) ਮਾਇਆ ਨੇ ਉਤਭੁਜ ਆਦਿਕ ਖੇਡ ਰਚਾ ਕੇ ਇਹ ਜਗਤ ਪੈਦਾ ਕੀਤਾ ਹੈ, (ਇਹ ਕਾਮਾਦਿਕ) ਪੰਜੇ ਪੁੱਤਰ ਭੀ ਉਸ ਨੇ ਪੈਦਾ ਕੀਤੇ ਹਨ। (ਦੁਨੀਆਂ ਦੇ ਲੋਕ ਮਾਇਆ ਦੇ) ਤਿੰਨ ਗੁਣਾਂ ਨਾਲ ਇੱਕ-ਮਿਕ ਹੋ ਕੇ ਰਸ ਮਾਣ ਰਹੇ ਹਨ। ਪਰਮਾਤਮਾ ਦੇ ਭਗਤ ਇਹਨਾਂ ਨੂੰ ਛੱਡ ਕੇ ਉੱਚੇ ਆਤਮਕ ਮੰਡਲ ਵਿਚ ਵੱਸਦੇ ਹਨ। ੩।

(ਹੇ ਭਾਈ! ਇਹ ਕਾਮਾਦਿਕ) ਜਿਸ (ਪ੍ਰਭੂ) ਦੇ ਬਣਾਏ ਹੋਏ ਹਨ, ਉਸ ਨੇ ਇਹਨਾਂ ਨੂੰ (ਸੰਤ ਜਨਾਂ ਪਾਸੋਂ) ਪਰੇ ਰੋਕ ਰੱਖਿਆ ਹੈ, ਪ੍ਰਭੂ ਨੇ ਮੇਹਰ ਕਰ ਕੇ ਸੰਤ ਜਨਾਂ ਨੂੰ ਇਹਨਾਂ ਪਾਸੋਂ ਬਚਾ ਰੱਖਿਆ ਹੈ। ਹੇ ਨਾਨਕ! ਆਖ–(ਹੇ ਭਾਈ!)ਪ੍ਰਭੂ ਦੀ ਭਗਤੀ ਕਰਿਆ ਕਰ। ਭਗਤੀ ਤੋਂ ਬਿਨਾ ਸਾਰੀ ਸ੍ਰਿਸ਼ਟੀ (ਇਹਨਾਂ ਚੌਧਰੀਆਂ ਦੇ ਵੱਸ ਪੈ ਕੇ)

ਖ਼ੁਆਰ ਹੁੰਦੀ ਹੈ । ੪ । ੯ । ੧੧ ।

ਗੋਂਡ ਮਹਲਾ ੫ ॥ ਕਲਿ ਕਲੇਸ ਮਿਟੇ ਹਰਿ ਨਾਇ ॥ ਦੁਖ ਬਿਨਸੇ ਸੁਖ ਕੀਨੋ ਠਾਉ ।। ਜਪਿ ਜਪਿ ਅੰਮ੍ਰਿਤ ਨਾਮੁ ਅਘਾਏ ।। ਸੰਤ ਪ੍ਰਸਾਦਿ ਸਗਲ ਫਲ ਪਾਏ ॥ ੧ ॥ ਰਾਮ ਜਪਤ ਜਨ ਪਾਰਿ ਪਰੇ ॥ ਜਨਮ ਜਨਮ ਕੇ ਪਾਪ ਹਰੇ ।।੧।। ਰਹਾਉ ।। ਗੁਰ ਕੇ ਚਰਨ ਰਿਦੈ ਉਰਿਧਾਰੇ ॥ ਅਗਨਿ ਸਾਗਰ ਤੇ ਉਤਰੇ ਪਾਰੇ ॥ ਜਨਮ ਮਰਣ ਸਭ ਮਿਟੀ ਉਪਾਧਿ ।। ਪ੍ਰਭ ਸਿਉ ਲਾਗੀ ਸਹਜਿ ਸਮਾਧਿ ॥ ੨ ॥ ਥਾਨ ਥਨੰਤਰਿ ਏਕੋ ਸੁਆਮੀ ।। ਸਗਲ ਘਟਾ ਕਾ ਅੰਤਰਜਾਮੀ ।। ਕਰਿ ਕਿਰਪਾ ਜਾ ਕਉ ਮਤਿ ਦੇਇ ।। ਆਠ ਪਹਰ ਪ੍ਰਭ ਕਾ ਨਾਉ ਲੇਇ ॥ ੩ ॥ ਜਾ ਕੈ ਅੰਤਰਿ ਵਸੈ ਪ੍ਰਭੁ ਆਪਿ ॥ ਤਾ ਕੈ ਹਿਰਦੈ ਹੋਇ ਪ੍ਰਗਾਸੁ ।। ਭਗਤਿ ਭਾਇ ਹਰਿ ਕੀਰਤਨੁ ਕਰੀਐ ।। ਜਪਿ ਪਾਰਬ੍ਰਹਮੁ ਨਾਨਕ ਨਿਸਤਰੀਐ ।। ੪ ।। ੧੦ ।। ੧੨ ।। [ਪੰਨਾ ੮੧੫]

ਪਦ ਅਰਥ :—ਕਲਿ ਕਲੇਸ—ਝਗੜੇ ਬਖੇੜੇ । ਨਾਇ—ਨਾਮ ਦੀ ਰਾਹੀਂ [ਲਫ਼ਜ਼ 'ਨਾਉ' ਤੋਂ ਕਰਣ ਕਾਰਕ ਇਕ ਵਚਨ ਹੈ 'ਨਾਇ']। ਸੁਖ ਕੀਨੋ ਠਾਉ—ਸੁਖਾਂ ਨੇ ਆਪਣਾ ਥਾਂ ਬਣਾ ਲਿਆ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਅਘਾਏ—ਰੱਜ ਗਏ । ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ । ਪਾਏ—ਪ੍ਰਾਪਤ ਕਰ ਲਏ । ੧ ।

ਜਪਤ—ਜਪਦਿਆਂ । ਪਰੇ—ਪਏ, ਲੰਘ ਗਏ । ਹਰੇ—ਦੂਰ ਕਰ ਲਏ ।੧। ਰਹਾਉ ।

ਰਿਦੈ—ਹਿਰਦੇ ਵਿਚ । ਉਰਿ—ਹਿਰਦੇ ਵਿਚ । ਧਾਰੇ—(ਜਿਨ੍ਹਾਂ ਨੇ) ਟਿਕਾਏ । ਅਗਨਿ—ਤ੍ਰਿਸ਼ਨਾ ਦੀ ਅੱਗ । ਤੇ—ਤੋਂ । ਸਭ ਉਪਾਧਿ—ਸਾਰੀ ਉਪਾਧੀ, ਸਾਰਾ ਬਖੇੜਾ । ਸਿਉ—ਨਾਲ, ਵਿਚ । ਸਹਜਿ—ਆਤਮਕ ਅਡੋਲਤਾ ਦੀ ਰਾਹੀਂ । ੨ ।

ਥਨੰਤਰਿ—ਥਾਨ ਅੰਤਰਿ । ਥਾਨ ਥਨੰਤਰਿ—ਥਾਨ ਥਾਨ ਅੰਤਰਿ,ਹਰੇਕ ਥਾਂ ਵਿਚ । ਘਟਾ ਕਾ—ਘਟਾਂ ਕਾ, ਸਰੀਰਾਂ ਦਾ । ਅੰਤਰਜਾਮੀ—ਦਿਲ ਦੀ ਜਾਣਨ ਵਾਲਾ । ਜਾ ਕਉ—ਜਿਸ ਮਨੁੱਖ ਨੂੰ । ਦੇਈ—ਦੇਂਦਾ ਹੈ । ਲੇਇ—ਲੈਂਦਾ ਹੈ । ੩ ।

ਕੈ ਅੰਤਰਿ—ਦੇ ਅੰਦਰ । ਤਾ ਕੈ ਹਿਰਦੈ—ਉਸ (ਮਨੁੱਖ) ਦੇ ਹਿਰਦੇ ਵਿਚ । ਪ੍ਰਗਾਸੁ—(ਆਤਮਕ ਜੀਵਨ ਦਾ) ਚਾਨਣ । ਭਾਇ—ਭਾਉ ਅਨੁਸਾਰ, ਪ੍ਰੇਮ ਨਾਲ । ਕਰੀਐ—ਕਰਨਾ ਚਾਹੀਦਾ ਹੈ । ਜਪਿ—ਜਪ ਕੇ । ਨਿਸਤਰੀਐ—ਪਾਰ ਲੰਘ ਜਾਈਦਾ ਹੈ । ੪ ।

ਅਰਥ :—ਹੇ ਭਾਈ ! ਪਰਮਾਤਮਾ ਦਾ ਨਾਮ ਜਪਦਿਆਂ ਪਰਮਾਤਮਾ ਦੇ ਭਗਤ (ਸੰਸਾਰ-ਸਮੁੰਦਰ ਤੋਂ)ਪਾਰ ਲੰਘ ਜਾਂਦੇ ਹਨ । ਉਹਨਾਂ ਦੇ ਅਨੇਕਾਂ ਜਨਮਾਂ ਦੇ ਕੀਤੇ ਪਾਪ ਦੂਰ ਹੋ ਜਾਂਦੇ ਹਨ । ੧ । ਰਹਾਉ ।

ਹੇ ਭਾਈ ! ਪ੍ਰਭੂ ਦੇ ਨਾਮ ਦੀ ਬਰਕਤ ਨਾਲ (ਸੰਤ ਜਨਾਂ ਦੇ ਅੰਦਰੋਂ) ਝਗੜੇ-ਬਖੇੜੇ ਮਿਟ ਜਾਂਦੇ ਹਨ। ਉਹਨਾਂ ਦੇ ਸਾਰੇ ਦੁੱਖ ਨਾਸ ਹੋ ਜਾਂਦੇ ਹਨ। ਸੁਖ ਉਹਨਾਂ ਦੇ ਅੰਦਰ ਆਪਣਾ ਟਿਕਾਣਾ ਬਣਾ ਲੈਂਦੇ ਹਨ। ਆਤਮਕ ਜੀਵਨ ਦੇਣ ਵਾਲਾ ਹਰਿ-ਨਾਮ ਜਪ ਜਪ ਕੇ (ਸੰਤ ਜਨ ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜੇ ਰਹਿੰਦੇ ਹਨ। ਗੁਰੂ ਦੀ ਕਿਰਪਾ ਨਾਲ ਉਹ ਸਾਰੇ ਫਲ ਪ੍ਰਾਪਤ ਕਰ ਲੈਂਦੇ ਹਨ। ੧।

ਹੇ ਭਾਈ ! ਸੰਤ ਜਨ ਆਪਣੇ ਹਿਰਦੇ ਵਿਚ ਗੁਰੂ ਦੇ ਚਰਨ ਵਸਾਈ ਰੱਖਦੇ ਹਨ (ਪੂਰੀ ਸਰਧਾ ਨਾਲ ਗੁਰੂ ਦੇ ਸ਼ਬਦ ਨੂੰ ਮਨ ਵਿਚ ਟਿਕਾਈ ਰੱਖਦੇ ਹਨ),ਇਸ ਤਰ੍ਹਾਂ ਉਹ ਤ੍ਰਿਸ਼ਨਾ-ਅੱਗ ਦੇ ਸਮੁੰਦਰ ਤੋਂ ਪਾਰ ਲੰਘ ਜਾਂਦੇ ਹਨ। ਉਹ ਜਨਮ ਮਰਨ ਦੇ ਗੇੜ ਦਾ ਸਾਰਾ ਬਖੇੜਾ ਹੀ ਮੁਕਾ ਲੈਂਦੇ ਹਨ, ਆਤਮਕ ਅਡੋਲਤਾ ਦੀ ਰਾਹੀਂ ਉਹਨਾਂ ਦੀ ਸੁਰਤਿ ਪ੍ਰਭੂ ਨਾਲ ਜੁੜੀ ਰਹਿੰਦੀ ਹੈ। ੨।

ਹੇ ਭਾਈ ! ਜੇਹੜਾ ਮਾਲਕ-ਪ੍ਰਭੂ ਆਪ ਹੀ ਹਰੇਕ ਥਾਂ ਵਿਚ ਵੱਸ ਰਿਹਾ ਹੈ ਅਤੇ ਸਾਰੇ ਜੀਵਾਂ ਦੇ ਦਿਲ ਦੀ ਜਾਣਨ ਵਾਲਾ ਹੈ, ਉਹ ਪ੍ਰਭੂ ਜਿਸ ਮਨੁੱਖ ਨੂੰ ਮੇਹਰ ਕਰ ਕੇ ਸੂਝ ਬਖ਼ਸ਼ਦਾ ਹੈ, ਉਹ ਮਨੁੱਖ ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦਾ ਨਾਮ ਸਿਮਰਦਾ ਰਹਿੰਦਾ ਹੈ। ੩।

ਹੇ ਭਾਈ ! ਜਿਸ ਮਨੁੱਖ ਦੇ ਹਿਰਦੇ ਵਿਚ ਪ੍ਰਭੂ ਆਪ ਆ ਪਰਗਟ ਹੁੰਦਾ ਹੈ, ਉਸ ਮਨੁੱਖ ਦੇ ਹਿਰਦੇ ਵਿਚ ਆਤਮਕ ਜੀਵਨ ਦਾ ਚਾਨਣ ਹੋ ਜਾਂਦਾ ਹੈ। ਹੇ ਨਾਨਕ ! ਭਗਤੀ ਦੀ ਭਾਵਨਾ ਨਾਲ ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਦੇ ਰਹਿਣਾ ਚਾਹੀਦਾ ਹੈ। ਪਰਮਾਤਮਾ ਦਾ ਨਾਮ ਜਪ ਕੇ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ। ੪। ੧੦। ੧੨।

ਗੋਂਡ ਮਹਲਾ ੫ ॥ ਗੁਰ ਕੇ ਚਰਨ ਕਮਲ ਨਮਸਕਾਰਿ ॥ ਕਾਮੁ ਕ੍ਰੋਧੁ ਇਸੁ ਤਨ ਤੇ ਮਾਰਿ ॥ ਹੋਇ ਰਹੀਐ ਸਗਲ ਕੀ ਰੀਨਾ ॥ ਘਟਿ ਘਟਿ ਰਮਈਆ ਸਭ ਮਹਿ ਚੀਨ੍ਹਾ ॥ ੧ ॥ ਇਨ ਬਿਧਿ ਰਮਹੁ ਗੋਪਾਲ ਗੋੁਬਿੰਦੁ ॥ ਤਨੁ ਧਨੁ ਪ੍ਰਭ ਕਾ ਪ੍ਰਭ ਕੀ ਜਿੰਦੁ ॥ ੧ ॥ ਰਹਾਉ ॥ ਆਠ ਪਹਰ ਹਰਿ ਕੇ ਗੁਣ ਗਾਉ ॥ ਜੀਅ ਪ੍ਰਾਨ ਕੋ ਇਹੈ ਸੁਆਉ ॥ ਤਜਿ ਅਭਿਮਾਨੁ ਜਾਨੁ ਪ੍ਰਭੁ ਸੰਗਿ ॥ ਸਾਧ ਪ੍ਰਸਾਦਿ ਹਰਿ ਸਿਉ ਮਨੁ ਰੰਗਿ ॥ ੨ ॥ ਜਿਨਿ ਤੂੰ ਕੀਆ ਤਿਸ ਕਉ ਜਾਨੁ ॥ ਆਗੈ ਦਰਗਹ ਪਾਵੈ ਮਾਨੁ ॥ ਮਨੁ ਤਨੁ ਨਿਰਮਲ ਹੋਇ ਨਿਹਾਲੁ ॥ ਰਸਨਾ ਨਾਮੁ ਜਪਤ ਗੋਪਾਲ ॥ ੩ ॥ ਕਰਿ ਕਿਰਪਾ ਮੇਰੇ ਦੀਨ ਦਇਆਲਾ ॥ ਸਾਧੂ ਕੀ ਮਨੁ ਮੰਗੈ

ਰਵਾਲਾ ॥ ਹੋਹੁ ਦਇਆਲ ਦੇਹੁ ਪ੍ਰਭ ਦਾਨੁ ॥ ਨਾਨਕੁ ਜਪਿ ਜੀਵੈ ਪ੍ਰਭ ਨਾਮੁ ॥ ੪ ॥ ੧੧ ॥ ੧੩ ॥ [ਪੰਨਾ ੮੬੬]

ਪਦ ਅਰਥ :–ਨਮਸਕਾਰਿ–ਸਿਰ ਨਿਵਾ, ਪ੍ਰਣਾਮ ਕਰ। ਤੇ–ਤੋਂ, ਵਿਚੋਂ। ਹੋਇ ਰਹੀਐ–ਹੋ ਰਹਿਣਾ ਚਾਹੀਦਾ ਹੈ। ਰੀਨਾ–ਚਰਨ-ਧੂੜ। ਘਟਿ ਘਟਿ–ਹਰੇਕ ਘਟ ਵਿਚ। ਘਟ–ਸਰੀਰ। ਸਭ ਮਹਿ–ਸਭਨਾਂ ਵਿਚ। ਚੀਨ੍ਾ–ਚੀਨ੍ਹ, ਪਛਾਣ। ੧।

ਬਿਧਿ–ਤਰੀਕਾ। ਰਮਹੁ–ਸਿਮਰੋ। ਗੁੋਬਿੰਦ–[ਅੱਖਰ 'ਗ' ਦੇ ਨਾਲ ਦੋ ਲਗਾਂ ਹਨ– ੋ ਅਤੇ ੁ। ਅਸਲ ਲਫ਼ਜ਼ 'ਗੋਬਿੰਦੁ' ਹੈ, ਇਥੇ 'ਗੁਬਿੰਦੁ ਪੜ੍ਹਨਾ ਹੈ]। ਜਿੰਦੁ–ਜਾਨ [ਲਫ਼ਜ਼ 'ਜਿੰਦੁ' ਇਸਤ੍ਰੀ ਲਿੰਗ ਹੈ, ਪਰ ਇਸ ਦੀ ਸ਼ਕਲ ਪੁਲਿੰਗ ਵਾਲੀ ਹੈ]। ੧ ।ਰਹਾਉ।

ਗਾਉ–ਗਾਇਆ ਕਰੋ। ਕੋ–ਦਾ। ਸੁਆਉ–ਮਨੋਰਥ। ਤਜਿ–ਤਿਆਗ ਕੇ। ਸੰਗਿ–(ਆਪਣੇ) ਨਾਲ। ਸਾਧ ਪ੍ਰਸਾਦਿ–ਗੁਰੂ ਦੀ ਕਿਰਪਾ ਨਾਲ। ਸਿਉ–ਨਾਲ। ਰੰਗਿ–ਰੰਗ ਲੈ, ਜੋੜੀ ਰੱਖ। ੨।

ਜਿਨਿ–ਜਿਸ (ਪ੍ਰਭੂ) ਨੇ। ਤੂੰ–ਤੈਨੂੰ। ਜਾਨੁ–ਸਾਂਝ ਪਾ। ਤਿਸ ਕਉ–[ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ]। ਪਾਵੈ–ਪ੍ਰਾਪਤ ਕਰਦਾ ਹੈ। ਮਾਨੁ–ਆਦਰ। ਨਿਹਾਲੁ–ਪ੍ਰਸੰਨ। ਰਸਨਾ–ਜੀਭ (ਨਾਲ)। ੩।

ਦੀਨ ਦਇਆਲ–ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਸਾਧੂ–ਗੁਰੂ। ਰਵਾਲਾ–ਚਰਨ-ਧੂੜ। ਪ੍ਰਭ–ਹੇ ਪ੍ਰਭੂ! ਜਪਿ–ਜਪ ਕੇ। ਜੀਵੈ–ਆਤਮਕ ਜੀਵਨ ਪ੍ਰਾਪਤ ਕਰਦਾ ਹੈ। ਪ੍ਰਭ ਨਾਮੁ–ਪ੍ਰਭੂ ਦਾ ਨਾਮ। ੪।

ਅਰਥ :–ਹੇ ਭਾਈ! ਇਸ ਸਰੀਰ ਨੂੰ, ਇਸ ਧਨ ਨੂੰ, ਪ੍ਰਭੂ ਦਾ ਬਖ਼ਸ਼ਿਆ ਹੋਇਆ ਜਾਣੋ, ਇਸ ਜਿੰਦ ਨੂੰ (ਭੀ) ਪ੍ਰਭੂ ਦੀ ਦਿੱਤੀ ਹੋਈ ਸਮਝੋ। ਇਸ ਤਰ੍ਹਾਂ ਸ੍ਰਿਸ਼ਟੀ ਦੇ ਪਾਲਕ ਗੋਬਿੰਦ ਦਾ ਨਾਮ ਜਪਦੇ ਰਹੋ। ੧। ਰਹਾਉ।

ਹੇ ਭਾਈ! (ਆਪਣੇ) ਗੁਰੂ ਦੇ ਚਰਨਾਂ ਉਤੇ ਆਪਣਾ ਸਿਰ ਰੱਖਿਆ ਕਰ। (ਗੁਰੂ ਦੀ ਕਿਰਪਾ ਨਾਲ ਆਪਣੇ) ਇਸ ਸਰੀਰ ਵਿਚੋਂ ਕਾਮ ਅਤੇ ਕ੍ਰੋਧ (ਆਦਿਕ ਵਿਕਾਰਾਂ) ਨੂੰ ਮਾਰ ਮੁਕਾ। ਹੇ ਭਾਈ! ਸਭਨਾਂ ਦੇ ਚਰਨਾਂ ਦੀ ਧੂੜ ਹੋ ਕੇ ਰਹਿਣਾ ਚਾਹੀਦਾ ਹੈ। ਹਰੇਕ ਸਰੀਰ ਵਿਚ ਸਭ ਜੀਵਾਂ ਵਿਚ ਸੋਹਣੇ ਰਾਮ ਨੂੰ ਵੱਸਦਾ ਵੇਖ। ੧।

ਹੇ ਭਾਈ! ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਂਦਾ ਰਿਹਾ ਕਰ। ਤੇਰੀ ਜਿੰਦ-ਜਾਨ ਦਾ (ਸੰਸਾਰ ਵਿਚ) ਇਹੀ (ਸਭ ਤੋਂ ਵੱਡਾ) ਮਨੋਰਥ ਹੈ। ਹੇ ਭਾਈ! ਅਹੰਕਾਰ ਦੂਰ ਕਰ ਕੇ ਪ੍ਰਭੂ ਨੂੰ ਆਪਣੇ ਅੰਗ-ਸੰਗ ਵੱਸਦਾ ਸਮਝ। ਗੁਰੂ ਦੀ ਕਿਰਪਾ ਨਾਲ ਆਪਣੇ ਮਨ ਨੂੰ ਪਰਮਾਤਮਾ (ਦੇ ਪ੍ਰੇਮ-ਰੰਗ) ਨਾਲ ਰੰਗ ਲੈ। ੨।

ਹੇ ਭਾਈ ! ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕੀਤਾ ਹੈ ਉਸ ਨਾਲ ਸਾਂਝ ਪਾਈ ਰੱਖ। (ਜੇਹੜਾ ਮਨੁੱਖ ਇਹ ਉੱਦਮ ਕਰਦਾ ਹੈ, ਉਹ) ਅਗਾਂਹ ਪ੍ਰਭੂ ਦੀ ਹਜ਼ੂਰੀ ਵਿਚ ਆਦਰ ਹਾਸਲ ਕਰਦਾ ਹੈ। ਹੇ ਭਾਈ ! ਜੀਭ ਨਾਲ ਪਰਮਾਤਮਾ ਦਾ ਨਾਮ ਜਪਦਿਆਂ ਮਨ ਤਨ ਪਵਿੱਤਰ ਹੋ ਜਾਂਦਾ ਹੈ, ਮਨ ਖਿੜਿਆ ਰਹਿੰਦਾ ਹੈ, ਸਰੀਰ ਭੀ ਖਿੜਿਆ ਰਹਿੰਦਾ ਹੈ। ੩।

ਹੇ ਦੀਨਾਂ ਉਤੇ ਦਇਆ ਕਰਨ ਵਾਲੇ ਮੇਰੇ ਪ੍ਰਭੂ ! (ਮੇਰੇ ਉਤੇ) ਮੇਹਰ ਕਰ। (ਮੇਰਾ) ਮਨ ਗੁਰੂ ਦੇ ਚਰਨਾਂ ਦੀ ਧੂੜ ਮੰਗਦਾ ਹੈ। ਹੇ ਪ੍ਰਭੂ ! (ਨਾਨਕ ਉਤੇ) ਦਇਆਵਾਨ ਹੋ ਅਤੇ ਇਹ ਖ਼ੈਰ ਪਾ ਕਿ (ਤੇਰਾ ਦਾਸ) ਨਾਨਕ, ਹੇ ਪ੍ਰਭੂ !ਤੇਰਾ ਨਾਮ ਜਪ ਕੇ ਆਤਮਕ ਜੀਵਨ ਪ੍ਰਾਪਤ ਕਰਦਾ ਰਹੇ। ੪। ੧੧। ੧੩।

ਗੋਂਡ ਮਹਲਾ ੫ ॥ ਧੂਪ ਦੀਪ ਸੇਵਾ ਗੋਪਾਲ ॥ਅਨਿਕ ਬਾਰ ਬੰਦਨ ਕਰਤਾਰ ॥ ਪ੍ਰਭ ਕੀ ਸਰਣਿ ਗਹੀ ਸਭ ਤਿਆਗਿ ॥ ਗੁਰ ਸੁਪ੍ਰਸੰਨ ਭਏ ਵਡਭਾਗਿ ॥ ੧ ॥ ਆਠ ਪਹਰ ਗਾਈਐ ਗੋਬਿੰਦੁ ॥ ਤਨੁ ਧਨੁ ਪ੍ਰਭ ਕਾ ਪ੍ਰਭ ਕੀ ਜਿੰਦੁ ॥ ੧ ॥ ਰਹਾਉ ॥ ਹਰਿ ਗੁਣ ਰਮਤ ਭਏ ਆਨੰਦ ॥ ਪਾਰਬ੍ਰਹਮ ਪੂਰਨ ਬਖਸੰਦ ॥ ਕਰਿ ਕਿਰਪਾ ਜਨ ਸੇਵਾ ਲਾਏ ॥ ਜਨਮ ਮਰਣ ਦੁਖ ਮੇਟਿ ਮਿਲਾਏ ॥ ੨ ॥ ਕਰਮ ਧਰਮ ਇਹੁ ਤਤੁ ਗਿਆਨੁ ॥ ਸਾਧ ਸੰਗਿ ਜਪੀਐ ਹਰਿਨਾਮੁ ॥ ਸਾਗਰ ਤਰਿ ਬੋਹਿਥ ਪ੍ਰਭ ਚਰਣ ॥ ਅੰਤਰਜਾਮੀ ਪ੍ਰਭ ਕਾਰਣ ਕਰਣ ॥ ੩ ॥ ਰਾਖਿ ਲੀਏ ਅਪਨੀ ਕਿਰਪਾ ਧਾਰਿ ॥ ਪੰਚ ਦੂਤ ਭਾਗੇ ਬਿਕਰਾਲ ॥ ਜੂਐ ਜਨਮੁ ਨ ਕਬਹੂ ਹਾਰਿ ॥ ਨਾਨਕ ਕਾ ਅੰਗੁ ਕੀਆ ਕਰਤਾਰਿ ॥ ੪ ॥ ੧੨ ॥ ੧੪ ॥ [ਪੰਨਾ ੮੬੬]

ਪਦ ਅਰਥ :–ਧੂਪ ਦੀਪ–(ਮੂਰਤੀ ਦੀ ਆਰਤੀ ਸਮੇ ਥਾਲ ਵਿਚ)ਧੂਪ ਧੁਖਾਣਾ ਦੀਵੇ ਜਗਾਣੇ। ਸੇਵਾ–ਭਗਤੀ। ਬੰਦਨ–ਨਮਸਕਾਰ। ਗਹੀ–ਫੜੀ। ਤਿਆਗਿ–ਛੱਡ ਕੇ। ਸੁਪ੍ਰਸੰਨ–ਬਹੁਤ ਖ਼ੁਸ਼। ਵਡਭਾਗਿ–ਵੱਡੀ ਕਿਸਮਤ ਨਾਲ। ੧।

ਗਾਈਐ–ਗਾਣਾ ਚਾਹੀਦਾ ਹੈ। ੧। ਰਹਾਉ।

ਰਮਤ–ਸਿਮਰਦਿਆਂ। ਬਖਸੰਦ–ਬਖ਼ਸ਼ਸ਼ ਕਰਨ ਵਾਲਾ। ਕਰਿ–ਕਰ ਕੇ। ਮੇਟਿ–ਮਿਟਾ ਕੇ। ੨।

ਕਰਮ ਧਰਮ–(ਤੀਰਥ, ਵਰਤ, ਮੂਰਤੀ-ਪੂਜਾ ਆਦਿਕ) ਕਰਮ ਜਿਨ੍ਹਾਂ ਨੂੰ ਧਰਮ ਸਮਝਿਆ ਗਿਆ ਹੈ। ਤਤੁ ਗਿਆਨੁ–ਅਸਲ ਗਿਆਨ। ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ। ਜਪੀਐ–ਜਪਣਾ ਚਾਹੀਦਾ ਹੈ। ਸਾਗਰ–(ਸੰਸਾਰ-) ਸਮੁੰਦਰ। ਤਰਿ–ਪਾਰ ਲੰਘ। ਬੋਹਿਥ–ਜਹਾਜ਼। ਕਾਰਨ ਕਰਣ–ਜਗਤ ਦਾ ਮੂਲ। ਕਾਰਣ–ਮੂਲ,

ਵਸੀਲਾ। ਕਰਣ–ਜਗਤ। ੩।

ਧਾਰਿ–ਧਾਰ ਕੇ,ਕਰ ਕੇ। ਦੂਤ–ਵੈਰੀ। ਬਿਕਰਾਲ–ਡਰਾਉਣੇ। ਜੂਐ–ਜੂਏ ਵਿਚ। ਹਾਰਿ–ਹਾਰੇ, ਹਾਰਦਾ। ਅੰਗੁ–ਪੱਖ। ਨਾਨਕ ਕਾ ਅੰਗੁ–ਹੇ ਨਾਨਕ! ਜਿਸ ਦਾ ਪੱਖ। ਕਰਤਾਰਿ–ਕਰਤਾਰ ਨੇ। ੪।

ਅਰਥ :–ਹੇ ਭਾਈ! ਜਿਸ ਪਰਮਾਤਮਾ ਦਾ ਦਿੱਤਾ ਹੋਇਆ ਸਾਡਾ ਇਹ ਸਰੀਰ ਹੈ, ਇਹ ਜਿੰਦ ਹੈ ਅਤੇ ਧਨ ਹੈ, ਉਸ ਦੀ ਸਿਫ਼ਤਿ ਸਾਲਾਹ ਅੱਠੇ ਪਹਰ (ਹਰ ਵੇਲੇ) ਕਰਨੀ ਚਾਹੀਦੀ ਹੈ। ੧। ਰਹਾਉ।

(ਹੇ ਭਾਈ! ਕਰਮ ਕਾਂਡੀ ਲੋਕ ਦੇਵੀ ਦੇਵਤਿਆਂ ਦੀ ਪੂਜਾ ਕਰਦੇ ਹਨ, ਉਹਨਾਂ ਦੇ ਅੱਗੇ ਧੂਪ ਧੁਖਾਂਦੇ ਹਨ ਅਤੇ ਦੀਵੇ ਬਾਲਦੇ ਹਨ, ਪਰ) ਜਿਸ ਮਨੁੱਖ ਉਤੇ ਵੱਡੀ ਕਿਸਮਤ ਨਾਲ ਗੁਰੂ ਮੇਹਰਬਾਨ ਹੋ ਪਏ, ਉਹ (ਧੂਪ ਦੀਪ ਆਦਿਕ ਵਾਲੀ) ਸਾਰੀ ਕ੍ਰਿਆ ਛੱਡ ਕੇ ਪ੍ਰਭੂ ਦਾ ਆਸਰਾ ਲੈਂਦਾ ਹੈ, ਪਰਮਾਤਮਾ ਦੇ ਦਰ ਤੇ ਹਰ ਵੇਲੇ ਸਿਰ ਨਿਵਾਣਾ, ਪਰਮਾਤਮਾ ਦੀ ਭਗਤੀ ਕਰਨੀ ਹੀ ਉਸ ਮਨੁੱਖ ਵਾਸਤੇ 'ਧੂਪ ਦੀਪ' ਦੀ ਕ੍ਰਿਆ ਹੈ। ੧।

ਹੇ ਭਾਈ! ਪਰਮਾਤਮਾ ਮੇਹਰ ਕਰ ਕੇ ਆਪਣੇ ਸੇਵਕਾਂ ਨੂੰ ਆਪਣੀ ਭਗਤੀ ਵਿਚ ਜੋੜਦਾ ਹੈ, ਉਹਨਾਂ ਦੇ ਜਨਮ ਤੋਂ ਲੈ ਕੇ ਮਰਨ ਤਕ ਦੇ ਸਾਰੇ ਦੁੱਖ ਮਿਟਾ ਕੇ ਉਹਨਾਂ ਨੂੰ ਆਪਣੇ ਚਰਨਾਂ ਵਿਚ ਮਿਲਾ ਲੈਂਦਾ ਹੈ। ਸਰਬ-ਵਿਆਪਕ ਬਖ਼ਸ਼ੰਦ ਪਰਮਾਤਮਾ ਦੇ ਗੁਣ ਗਾਂਦਿਆਂ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ। ੨।

ਹੇ ਭਾਈ! ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪਦੇ ਰਹਿਣਾ ਚਾਹੀਦਾ ਹੈ, ਇਹੀ ਹੈ ਧਾਰਮਿਕ ਕਰਮ ਅਤੇ ਇਹੀ ਹੈ ਅਸਲ ਗਿਆਨ। ਹੇ ਭਾਈ! ਸਭ ਦੇ ਦਿਲ ਦੀ ਜਾਣਨ ਵਾਲੇ ਅਤੇ ਜਗਤ ਦੇ ਪੈਦਾ ਕਰਨ ਵਾਲੇ ਪਰਮਾਤਮਾ ਦੇ ਚਰਨਾਂ ਨੂੰ ਜਹਾਜ਼ ਬਣਾ ਕੇ ਇਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘ। ੩।

ਹੇ ਭਾਈ! ਪ੍ਰਭੂ ਆਪਣੀ ਮੇਹਰ ਕਰ ਕੇ ਜਿਨ੍ਹਾਂ ਦੀ ਰੱਖਿਆ ਕਰਦਾ ਹੈ, (ਕਾਮਾਦਿਕ) ਪੰਜੇ ਡਰਾਉਣੇ ਵੈਰੀ ਉਹਨਾਂ ਤੋਂ ਪਰੇ ਭੱਜ ਜਾਂਦੇ ਹਨ। ਹੇ ਨਾਨਕ! ਜਿਸ ਭੀ ਮਨੁੱਖ ਦਾ ਪੱਖ ਪਰਮਾਤਮਾ ਨੇ ਕੀਤਾ ਹੈ, ਉਹ ਮਨੁੱਖ (ਵਿਕਾਰਾਂ ਦੇ) ਜੂਏ ਵਿਚ ਆਪਣਾ ਜੀਵਨ ਕਦੇ ਭੀ ਨਹੀਂ ਗਵਾਂਦਾ।੪।੧੨।੧੪।

ਗੋਂਡ ਮਹਲਾ ੫ ॥ ਕਰਿ ਕਿਰਪਾ ਸੁਖ ਅਨਦ ਕਰੇਇ ॥ ਬਾਲਕ ਰਾਖਿ ਲੀਏ ਗੁਰਦੇਵਿ ॥ ਪ੍ਰਭ ਕਿਰਪਾਲ ਦਇਆਲ ਗੋੁਬਿੰਦ ॥ ਜੀਅ ਜੰਤ ਸਗਲੇ ਬਖਸਿੰਦ ॥੧॥ ਤੇਰੀ ਸਰਣਿ ਪ੍ਰਭ ਦੀਨ ਦਇਆਲ ॥ ਪਾਰਬ੍ਰਹਮ

ਜਪਿ ਸਦਾ ਨਿਹਾਲ ॥ ੧ ॥ ਰਹਾਉ ॥ ਪ੍ਰਭ ਦਇਆਲ ਦੂਸਰ ਕੋਈ ਨਾਹੀ॥ ਘਟ ਘਟ ਅੰਤਰਿ ਸਰਬ ਸਮਾਹੀ ॥ ਅਪਨੇ ਦਾਸ ਕਾ ਹਲਤੁ ਪਲਤੁ ਸਵਾਰੈ॥ ਪਤਿਤ ਪਾਵਨ ਪ੍ਰਭ ਬਿਰਦੁ ਤੁਮ੍ਾਰੈ ।। ੨ ।। ਅਉਖਧ ਕੋਟਿ ਸਿਮਰਿ ਗੋਬਿੰਦ ।। ਤੰਤੁ ਮੰਤੁ ਭਜੀਐ ਭਗਵੰਤ ।। ਰੋਗ ਸੋਗ ਮਿਟੈ ਪ੍ਰਭ ਧਿਆਏ ।। ਮਨ ਬਾਂਛਤ ਪੂਰਨ ਫਲ ਪਾਏ ।।੩।। ਕਰਨ ਕਾਰਨ ਸਮਰਥ ਦਇਆਰ ।। ਸਰਬ ਨਿਧਾਨ ਮਹਾ ਬੀਚਾਰ ॥ ਨਾਨਕ ਬਖਸਿ ਲੀਏ ਪ੍ਰਭਿ ਆਪਿ ॥ ਸਦਾ ਸਦਾ ਏਕੋ ਹਰਿ ਜਾਪਿ ।। ੪ ।। ੧੩ ।। ੧੫ ।। [ਪੰਨਾ ੮੬੬]

ਪਦ ਅਰਥ :-ਕਰਿ-ਕਰ ਕੇ । ਕਰੇਇ-ਕਰਦਾ ਹੈ । ਬਾਲਕ-(ਆਪਣੇ) ਬੱਚਿਆਂ ਨੂੰ । ਗੁਰਦੇਵਿ-ਗੁਰਦੇਵ ਨੇ, ਸਭ ਤੋਂ ਵੱਡੇ ਪ੍ਰਭੂ ਨੇ । ਕਿਰਪਾਲ-ਕਿਰਪਾ ਦਾ ਘਰ । ਗੁੋਬਿੰਦ-[ਅੱਖਰ 'ਗ' ਦੇ ਨਾਲ ਦੋ ਲਗਾਂ ਹਨ- ੋ ਅਤੇ ੁ । ਅਸਲ ਲਫ਼ਜ਼ 'ਗੋਬਿੰਦ ਹੈ, ਇਥੇ 'ਗੁਬਿੰਦ' ਪੜ੍ਹਨਾ ਹੈ] । ਸਗਲੈ-ਸਾਰੇ । ਬਖਸਿੰਦ-ਬਖ਼ਸ਼ਣ ਵਾਲਾ। ੧ ।

ਪ੍ਰਭ-ਹੇ ਪ੍ਰਭੂ ! ਜਪਿ-ਜਪ ਕੇ । ਨਿਹਾਲ-ਪ੍ਰਸੰਨ । ੧ । ਰਹਾਉ ।

ਅੰਤਰਿ-ਅੰਦਰ । ਘਟ ਘਟ ਅੰਤਰਿ-ਹਰੇਕ ਸਰੀਰ ਵਿਚ । ਸਰਬ ਸਮਾਹੀ-ਤੂੰ ਸਾਰਿਆਂ ਵਿਚ ਸਮਾਇਆ ਹੋਇਆ ਹੈਂ । ਹਲਤੁ-[ਅਤ੍ਰ] ਇਹ ਲੋਕ । ਪਲਤੁ-[ਪਰਤ੍ਰ] ਪਰਲੋਕ । ਸਵਾਰੈ-ਸੰਵਾਰ ਦੇਂਦਾ ਹੈ । ਪਤਿਤ ਪਾਵਨ-ਵਿਕਾਰੀਆਂ ਨੂੰ ਸੁੱਚੇ ਜੀਵਨ ਵਾਲਾ ਬਣਾਨਾ । ਪ੍ਰਭ-ਹੇ ਪ੍ਰਭੂ ! ਬਿਰਦੁ-ਮੁੱਢ-ਕਦੀਮਾਂ ਦਾ ਸੁਭਾਉ । ਤੁਮ੍ਾਰੈ-ਤੇਰੇ ਘਰ ਵਿਚ । ੨ ।

ਅਉਖਧ-ਦਵਾਈਆਂ । ਕੋਟਿ-ਕ੍ਰੋੜਾਂ । ਸੋਗ-ਚਿੰਤਾ-ਫ਼ਿਕਰ । ਮਨ ਬਾਂਛਤ-ਮਨ-ਮੰਗੇ । ੩ ।

ਕਰਨ ਕਾਰਨ--ਜਗਤ ਦਾ ਪੈਦਾ ਕਰਨ ਵਾਲਾ । ਕਰਨ-ਜਗਤ । ਦਇਆਰ-ਦਇਆਲ । ਨਿਧਾਨ-ਖ਼ਜ਼ਾਨੇ । ਮਹਾ ਬੀਚਾਰ-ਪ੍ਰਭੂ ਦੇ ਗੁਣਾਂ ਦੇ ਉੱਚੇ ਵਿਚਾਰ । ਪ੍ਰਭਿ-ਪ੍ਰਭੂ ਨੇ । ੪ ।

ਅਰਥ :-ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ ! (ਅਸੀ ਜੀਵ) ਤੇਰੇ ਹੀ ਆਸਰੇ ਹਾਂ । ਹੇ ਪਾਰਬ੍ਰਹਮ ! (ਤੇਰਾ ਨਾਮ) ਜਪ ਕੇ ਸਦਾ ਖਿੜੇ ਰਹਿ ਸਕੀਦਾ ਹੈ । ੧ । ਰਹਾਉ ।

ਹੇ ਭਾਈ ! ਉਸ ਸਭ ਤੋਂ ਵੱਡੇ ਪ੍ਰਭੂ ਨੇ (ਸਦਾ ਹੀ ਸਰਣ-ਪਏ ਆਪਣੇ) ਬੱਚਿਆਂ ਦੀ ਰੱਖਿਆ ਕੀਤੀ ਹੈ, ਮੇਹਰ ਕਰ ਕੇ (ਉਹਨਾਂ ਦੇ ਹਿਰਦੇ ਵਿਚ) ਆਨੰਦ ਪੈਦਾ ਕਰਦਾ

ਹੈ। ਹੇ ਭਾਈ ! ਗੋਬਿੰਦ ਪ੍ਰਭੂ ਕਿਰਪਾ ਦਾ ਘਰ ਹੈ, ਦਇਆ ਦਾ ਸੋਮਾ ਹੈ, ਸਾਰੇ ਹੀ ਜੀਵਾਂ ਉਤੇ ਬਖ਼ਸ਼ਸ਼ ਕਰਨ ਵਾਲਾ ਹੈ। ੧।

ਹੇ ਪ੍ਰਭੂ ! ਤੇਰੇ ਵਰਗਾ ਦਇਆ ਦਾ ਸੋਮਾ (ਜਗਤ ਵਿਚ) ਹੋਰ ਕੋਈ ਦੂਜਾ ਨਹੀਂ ਹੈ। ਤੂੰ ਹਰੇਕ ਸਰੀਰ ਵਿਚ ਮੌਜੂਦ ਹੈਂ, ਤੂੰ ਸਾਰੇ ਜੀਵਾਂ ਵਿਚ ਵਿਆਪਕ ਹੈਂ । ਹੇ ਭਾਈ ! ਪ੍ਰਭੂ ਆਪਣੇ ਸੇਵਕ ਦਾ ਇਹ ਲੋਕ ਅਤੇ ਪਰਲੋਕ ਸੋਹਣਾ ਬਣਾ ਦੇਂਦਾ ਹੈ। ਹੇ ਪ੍ਰਭੂ ! ਤੇਰੇ ਘਰ ਵਿਚ ਮੁੱਢ-ਕਦੀਮਾਂ ਦਾ ਹੀ ਇਹ ਸੁਭਾਉ ਹੈ ਕਿ ਤੂੰ ਵਿਕਾਰੀਆਂ ਨੂੰ ਭੀ ਸੁੱਚੇ ਜੀਵਨ ਵਾਲਾ ਬਣਾ ਦੇਂਦਾ ਹੈਂ । ੨ ।

ਹੇ ਭਾਈ ! ਗੋਬਿੰਦ ਦਾ ਨਾਮ ਸਿਮਰਿਆ ਕਰ, ਇਹ ਨਾਮ ਹੀ ਕ੍ਰੋੜਾਂ ਦਵਾਈਆਂ (ਦੇ ਬਰਾਬਰ) ਹੈ। ਹੇ ਭਾਈ ! ਭਗਵਾਨ ਦਾ ਨਾਮ ਜਪਣਾ ਚਾਹੀਦਾ ਹੈ, ਇਹ ਨਾਮ (ਸਭ ਤੋਂ ਵਧੀਆ) ਤੰਤ੍ਰ ਹੈ ਅਤੇ ਮੰਤ੍ਰ ਹੈ। ਜੇਹੜਾ ਮਨੁੱਖ ਇਸ ਨਾਮ ਨੂੰ ਸਿਮਰਦਾ ਹੈ, ਉਸ ਦੇ ਸਾਰੇ ਰੋਗ ਸਾਰੇ ਚਿੰਤਾ-ਫ਼ਿਕਰ ਮਿਟ ਜਾਂਦੇ ਹਨ । ਉਹ ਮਨੁੱਖ ਸਾਰੇ ਹੀ ਮਨ-ਮੰਗੇ ਫਲ ਪ੍ਰਾਪਤ ਕਰ ਲੈਂਦਾ ਹੈ। ੩।

ਹੇ ਭਾਈ ! ਪਰਮਾਤਮਾ ਜਗਤ ਦਾ ਮੂਲ ਹੈ, ਸਾਰੀਆਂ ਤਾਕਤਾਂ ਦਾ ਮਾਲਕ ਹੈ, ਦਇਆ ਦਾ ਸੋਮਾ ਹੈ। ਉਸ ਦੇ ਉੱਚੇ ਗੁਣਾਂ ਦਾ ਵਿਚਾਰ ਕਰਨਾ ਹੀ (ਜੀਵ ਵਾਸਤੇ) ਸਾਰੇ ਖ਼ਜ਼ਾਨੇ ਹੈ। ਹੇ ਨਾਨਕ ! ਪ੍ਰਭੂ ਨੇ ਆਪ ਹੀ ਆਪਣੇ ਸੇਵਕਾਂ ਉਤੇ ਸਦਾ ਬਖ਼ਸ਼ਸ਼ ਕੀਤੀ ਹੈ। ਹੇ ਭਾਈ ! ਸਦਾ ਹੀ ਉਸ ਇਕ ਪਰਮਾਤਮਾ ਦਾ ਨਾਮ ਜਪਿਆ ਕਰ । ੪। ੧੩। ੧੫।

ਗੋਂਡ ਮਹਲਾ ੫ ॥ ਹਰਿ ਹਰਿ ਨਾਮੁ ਜਪਹੁ ਮੇਰੇ ਮੀਤ ॥ ਨਿਰਮਲ ਹੋਇ ਤੁਮ੍ਾਰਾ ਚੀਤ ॥ ਮਨ ਤਨ ਕੀ ਸਭ ਮਿਟੈ ਬਲਾਇ ॥ ਦੂਖੁ ਅੰਧੇਰਾ ਸਗਲਾ ਜਾਇ ॥ ੧ ॥ ਹਰਿ ਗੁਣ ਗਾਵਤ ਤਰੀਐ ਸੰਸਾਰੁ ॥ ਵਡਭਾਗੀ ਪਾਈਐ ਪੁਰਖੁ ਅਪਾਰੁ ॥ ੧ ॥ ਰਹਾਉ ॥ ਜੋ ਜਨੁ ਕਰੈ ਕੀਰਤਨੁ ਗੋਪਾਲ॥ ਤਿਸ ਕਉ ਪੋਹਿ ਨ ਸਕੈ ਜਮਕਾਲੁ॥ ਜਗ ਮਹਿ ਆਇਆ ਸੋ ਪਰਵਾਣੁ॥ ਗੁਰਮੁਖਿ ਅਪਨਾ ਖਸਮੁ ਪਛਾਣੁ ॥੨॥ ਹਰਿ ਗੁਣ ਗਾਵੈ ਸੰਤ ਪ੍ਰਸਾਦਿ॥ ਕਾਮ ਕ੍ਰੋਧ ਮਿਟਹਿ ਉਨਮਾਦ ॥ ਸਦਾ ਹਜੂਰਿ ਜਾਣੁ ਭਗਵੰਤ ॥ ਪੂਰੇ ਗੁਰ ਕਾ ਪੂਰਨ ਮੰਤ ॥ ੩ ॥ ਹਰਿ ਧਨੁ ਖਾਟਿ ਕੀਏ ਭੰਡਾਰ ॥ ਮਿਲਿ ਸਤਿਗੁਰ ਸਭਿ ਕਾਜ ਸਵਾਰ ॥ ਹਰਿ ਕੇ ਨਾਮ ਰੰਗ ਸੰਗਿ ਜਾਗਾ ॥ ਹਰਿ ਚਰਣੀ ਨਾਨਕ ਮਨੁ ਲਾਗਾ ॥ ੪ ॥ ੧੪ ॥ ੧੬ ॥ [ਪੰਨਾ ੮੬੭]

ਪਦ ਅਰਥ :—ਮੀਤ—ਹੇ ਮਿੱਤਰ ! ਨਿਰਮਲ—ਪਵਿੱਤਰ । ਮਿਟੈ—ਮਿਟ ਜਾਂਦੀ

ਹੈ। ਬਲਾਇ—ਬਿਪਤਾ। ਸਗਲਾ—ਸਾਰਾ। ਜਾਇ—ਦੂਰ ਹੋ ਜਾਂਦਾ ਹੈ। ੧।

ਗਾਵਤ—ਗਾਂਦਿਆਂ। ਤਰੀਐ—ਤਰ ਜਾਈਦਾ ਹੈ। ਵਡਭਾਗੀ—ਵੱਡੇ ਭਾਗਾਂ ਨਾਲ। ਪੁਰਖੁ—ਸਰਬ-ਵਿਆਪਕ ਪ੍ਰਭੂ। ਅਪਾਰੁ—ਅ-ਪਾਰੁ, ਬੇਅੰਤ। ੧। ਰਹਾਉ।

ਤਿਸ ਕਉ—[ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ]। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਪਛਾਣੁ—ਸਾਂਝ ਪਾ। ੨।

ਸੰਤ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ। ਮਿਟਹਿ—ਮਿਟ ਜਾਂਦੇ ਹਨ [ਮਿਟੈ—ਇਕ ਵਚਨ]। ਉਨਮਾਦ—[उन्माद-madness, insanity] ਝੱਲ-ਪੁਣਾ। ਮੰਤ—ਉਪਦੇਸ਼ । ੩।

ਖਾਟਿ—ਖੱਟ ਕੇ। ਭੰਡਾਰ—ਖ਼ਜ਼ਾਨੇ। ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ। ਸਭਿ —ਸਾਰੇ। ਨਾਮ ਰੰਗ ਸੰਗਿ—ਨਾਮ ਦੇ ਪ੍ਰੇਮ ਨਾਲ। ਸੰਗਿ—ਨਾਲ। ੪।

ਅਰਥ :—ਹੇ ਭਾਈ ! ਪਰਮਾਤਮਾ ਦੇ ਗੁਣ ਗਾਂਦਿਆਂ ਗਾਂਦਿਆਂ ਸੰਸਾਰ (-ਸਮੁੰਦਰ ਤੋਂ) ਪਾਰ ਲੰਘ ਜਾਈਦਾ ਹੈ, (ਭਾਗ ਜਾਗ ਪੈਂਦੇ ਹਨ) ਵੱਡੇ ਭਾਗਾਂ ਨਾਲ ਸਰਬ-ਵਿਆਪਕ ਬੇਅੰਤ ਪ੍ਰਭੂ ਮਿਲ ਪੈਂਦਾ ਹੈ। ੧। ਰਹਾਉ।

ਹੇ ਮੇਰੇ ਮਿੱਤਰ ! ਪਰਮਾਤਮਾ ਦਾ ਨਾਮ ਸਦਾ ਜਪਿਆ ਕਰ, (ਨਾਮ ਦੀ ਬਰਕਤਿ ਨਾਲ) ਤੇਰਾ ਮਨ ਪਵਿੱਤਰ ਹੋ ਜਾਇਗਾ। (ਹੇ ਮਿੱਤਰ ! ਨਾਮ ਜਪਿਆਂ) ਮਨ ਦੀ ਸਰੀਰ ਦੀ ਹਰੇਕ ਬਿਪਤਾ ਮਿਟ ਜਾਂਦੀ ਹੈ, ਹਰੇਕ ਦੁੱਖ ਦੂਰ ਹੋ ਜਾਂਦਾ ਹੈ, (ਮਾਇਆ ਦੇ ਮੋਹ ਦਾ) ਸਾਰਾ ਹਨੇਰਾ ਮੁੱਕ ਜਾਂਦਾ ਹੈ। ੧।

ਹੇ ਮੇਰੇ ਮਿੱਤਰ ! ਜੇਹੜਾ ਮਨੁੱਖ ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ, ਉਸ ਨੂੰ ਮੌਤ ਦਾ ਡਰ ਪੋਹ ਨਹੀਂ ਸਕਦਾ, ਉਸ ਮਨੁੱਖ ਦਾ ਦੁਨੀਆ ਵਿਚ ਆਉਣਾ ਸਫਲ ਹੋ ਜਾਂਦਾ ਹੈ। (ਹੇ ਮਿੱਤਰ ! ਤੂੰ ਭੀ) ਗੁਰੂ ਦੀ ਸਰਨ ਪੈ ਕੇ ਆਪਣੇ ਮਾਲਕ-ਪ੍ਰਭੂ ਨਾਲ ਜਾਣ-ਪਛਾਣ ਪਾਈ ਰੱਖ। ੨।

(ਹੇ ਮਿੱਤਰ ! ਜੇਹੜਾ ਮਨੁੱਖ) ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ, (ਉਸ ਦੇ ਅੰਦਰੋਂ) ਕਾਮ ਕ੍ਰੋਧ (ਆਦਿਕ) ਝੱਲ-ਪੁਣੇ ਮਿਟ ਜਾਂਦੇ ਹਨ। (ਹੇ ਮਿੱਤਰ ! ਤੂੰ ਭੀ) ਪੂਰੇ ਗੁਰੂ ਦਾ ਸੱਚਾ ਉਪਦੇਸ਼ ਲੈ ਕੇ ਭਗਵਾਨ ਨੂੰ ਸਦਾ ਆਪਣੇ ਅੰਗ-ਸੰਗ ਵੱਸਦਾ ਸਮਝਿਆ ਕਰ। ੩।

ਹੇ ਨਾਨਕ ! ਗੁਰੂ ਨੂੰ ਮਿਲ ਕੇ ਜਿਸ ਮਨੁੱਖ ਨੇ ਹਰਿ-ਨਾਮ ਧਨ ਖੱਟ ਕੇ ਖ਼ਜ਼ਾਨੇ ਭਰ ਲਏ, ਉਸ ਨੇ ਆਪਣੇ ਸਾਰੇ ਹੀ ਕੰਮ ਸੰਵਾਰ ਲਏ। ਹਰਿ-ਨਾਮ ਦੇ ਪ੍ਰੇਮ ਦੀ ਬਰਕਤਿ ਨਾਲ ਉਸ ਦਾ ਮਨ ਜਾਗ ਪੈਂਦਾ ਹੈ (ਕਾਮ ਕ੍ਰੋਧ ਆਦਿਕ ਵਿਕਾਰਾਂ ਵਲੋਂ ਉਹ ਸਦਾ ਸੁਚੇਤ ਰਹਿੰਦਾ ਹੈ) ਉਸ ਦਾ ਮਨ ਪਰਮਾਤਮਾ ਦੇ ਚਰਨਾਂ ਵਿਚ ਜੁੜਿਆ ਰਹਿੰਦਾ ਹੈ।

੪ । ੧੪ । ੧੬ ।

ਗੋਂਡ ਮਹਲਾ ੫ ।। ਭਵ ਸਾਗਰ ਬੋਹਿਥ ਹਰਿ ਚਰਣ ।। ਸਿਮਰਤ ਨਾਮੁ ਨਾਹੀ ਫਿਰਿ ਮਰਣ ।। ਹਰਿ ਗੁਣ ਰਮਤ ਨਾਹੀ ਜਮ ਪੰਥ ।। ਮਹਾ ਬੀਚਾਰ ਪੰਚ ਦੂਤਹ ਮੰਥ ।। ੧ ।। ਤਉ ਸਰਣਾਈ ਪੂਰਨ ਨਾਥ ।। ਜੰਤ ਅਪਨੇ ਕਉ ਦੀਜਹਿ ਹਾਥ ॥ ੧ ॥ ਰਹਾਉ ॥ ਸਿਮ੍ਰਿਤਿ ਸਾਸਤ੍ਰ ਬੇਦ ਪੁਰਾਣ॥ ਪਾਰਬ੍ਰਹਮ ਕਾ ਕਰਹਿ ਵਖਿਆਣ ।। ਜੋਗੀ ਜਤੀ ਬੈਸਨੋ ਰਾਮਦਾਸ ।। ਮਿਤਿ ਨਾਹੀ ਬ੍ਰਹਮ ਅਬਿਨਾਸ ॥ ੨ ॥ ਕਰਣ ਪਲਾਹ ਕਰਹਿ ਸਿਵ ਦੇਵ ॥ ਤਿਲੁ ਨਹੀ ਬੂਝਹਿ ਅਲਖ ਅਭੇਵ ॥ ਪ੍ਰੇਮ ਭਗਤਿ ਜਿਸੁ ਆਪੇ ਦੇਇ ॥ ਜਗ ਮਹਿ ਵਿਰਲੇ ਕੇਈ ਕੇਇ ।।੩।। ਮੋਹਿ ਨਿਰਗੁਣ ਗੁਣੁ ਕਿਛਹੂ ਨਾਹਿ ।। ਸਰਬ ਨਿਧਾਨ ਤੇਰੀ ਦ੍ਰਿਸਟੀ ਮਾਹਿ ।। ਨਾਨਕੁ ਦੀਨੁ ਜਾਚੈ ਤੇਰੀ ਸੇਵ ।। ਕਰਿ ਕਿਰਪਾ ਦੀਜੈ ਗੁਰਦੇਵ ।। ੪ ।।੧੫।।੧੭।। [ਪੰਨਾ ੮੬੭]

ਪਦ ਅਰਥ :—ਭਵ—ਸੰਸਾਰ । ਸਾਗਰ—ਸਮੁੰਦਰ । ਬੋਹਿਥ—ਜਹਾਜ਼ । ਸਿਮਰਤ—ਸਿਮਰਦਿਆਂ । ਮਰਣ—ਮੌਤ, ਆਤਮਕ ਮੌਤ । ਰਮਤ—ਜਪਦਿਆਂ । ਪੰਥ—ਰਸਤਾ । ਮਹਾ ਬੀਚਾਰ—(ਪ੍ਰਭੂ ਦੇ ਗੁਣਾਂ ਦਾ) ਵਿਚਾਰ ਜੋ ਹੋਰ ਸਭ ਵਿਚਾਰਾਂ ਨਾਲੋਂ ਉੱਤਮ ਹੈ । ਮੰਥ—ਨਾਸ ਕਰਨ ਵਾਲਾ । ੧ ।

ਤਉ—ਤੇਰੀ । ਨਾਥ—ਹੇ ਨਾਥ ! ਦੀਜਹਿ—ਦਿੱਤੇ ਜਾਣੇ ਚਾਹੀਦੇ ਹਨ [ਬਹੁ ਵਚਨ]। ੧ । ਰਹਾਉ ।

ਕਰਹਿ—ਕਰਦੇ ਹਨ । ਰਾਮਦਾਸ—(ਦੱਖਣ ਵਿਚ) ਬੈਰਾਗੀਆਂ ਦੀ ਇਕ ਸੰਪ੍ਰਦਾਇ ਜੋ ਨ੍ਰਿਤਕਾਰੀ ਕਰਦੇ ਹਨ । ਮਿਤਿ—ਅੰਦਾਜ਼ਾ, ਅੰਤ । ੨ ।

ਕਰਣ ਪਲਾਹ—[करुणा प्रलाप] ਤਰਲੇ, ਕੀਰਨੇ । ਅਲਖ—ਜਿਸ ਦਾ ਸਹੀ ਸਰੂਪ ਸਮਝ ਵਿਚ ਨਹੀਂ ਆ ਸਕਦਾ । ਅਭੇਵ—ਜਿਸ ਦਾ ਭੇਤ ਨਹੀਂ ਪਾਇਆ ਜਾ ਸਕਦਾ । ਤਿਲੁ—ਰਤਾ ਭਰ ਭੀ । ਦੇਇ—ਦੇਂਦਾ ਹੈ । ਕੇਈ ਕੇਇ—ਵਿਰਲੇ ਵਿਰਲੇ । ੩ ।

ਮੋਹਿ ਨਿਰਗੁਣ—ਮੈਂ ਗੁਣ-ਹੀਨ ਵਿਚ । ਸਰਬ ਨਿਧਾਨ—ਸਾਰੇ ਖ਼ਜ਼ਾਨੇ । ਦ੍ਰਿਸਟੀ—ਨਜ਼ਰ, ਨਿਗਾਹ । ਨਾਨਕੁ ਜਾਚੈ—ਨਾਨਕ ਮੰਗਦਾ ਹੈ [ਨਾਨਕ—ਹੇ ਨਾਨਕ !] । ਗੁਰਦੇਵ—ਹੇ ਸਭ ਤੋਂ ਵੱਡੇ ਦੇਵ ! ੪ ।

ਅਰਥ :—ਹੇ ਸਾਰੇ ਗੁਣਾਂ ਨਾਲ ਭਰਪੂਰ ਖਸਮ-ਪ੍ਰਭੂ ! ਮੈਂ ਤੇਰੀ ਸਰਨ ਆਇਆ ਹਾਂ ।(ਮੈਨੂੰ) ਆਪਣੇ ਪੈਦਾ ਕੀਤੇ ਗਰੀਬ ਸੇਵਕ ਨੂੰ ਕਿਰਪਾ ਕਰ ਕੇ ਆਪਣੇ ਹੱਥ ਫੜਾ । ੧ । ਰਹਾਉ ।

ਹੇ ਭਾਈ ! ਪਰਮਾਤਮਾ ਦੇ ਚਰਨ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਵਾਸਤੇ ਜਹਾਜ਼ ਹਨ । ਪਰਮਾਤਮਾ ਦਾ ਨਾਮ ਸਿਮਰਦਿਆਂ ਮੁੜ ਮੁੜ (ਆਤਮਕ) ਮੌਤ ਨਹੀਂ ਹੁੰਦੀ । ਪ੍ਰਭੂ ਦੇ ਗੁਣ ਗਾਂਦਿਆਂ ਜਮਾਂ ਦਾ ਰਸਤਾ ਨਹੀਂ ਫੜਨਾ ਪੈਂਦਾ । (ਪਰਮਾਤਮਾ ਦੇ ਗੁਣਾਂ ਦੀ) ਵਿਚਾਰ ਜੋ ਹੋਰ ਸਾਰੀਆਂ ਵਿਚਾਰਾਂ ਤੋਂ ਉੱਤਮ ਹੈ (ਕਾਮਾਦਿਕ) ਪੰਜ ਵੈਰੀਆਂ ਦਾ ਨਾਸ ਕਰ ਦੇਂਦੀ ਹੈ । ੧ ।

ਹੇ ਭਾਈ ! ਸਿਮ੍ਰਿਤੀਆਂ, ਸ਼ਾਸਤਰ, ਵੇਦ, ਪੁਰਾਣ (ਆਦਿਕ ਸਾਰੇ ਧਰਮ-ਪੁਸਤਕ) ਪਰਮਾਤਮਾ ਦੇ ਗੁਣਾਂ ਦਾ ਬਿਆਨ ਕਰਦੇ ਹਨ । ਜੋਗੀ ਜਤੀ, ਵੈਸ਼ਨਵ ਸਾਧੂ, (ਨਿਰਤ-ਕਾਰੀ ਕਰਨ ਵਾਲੇ) ਬੈਰਾਗੀ ਭਗਤ ਭੀ ਪ੍ਰਭੂ ਦੇ ਗੁਣਾਂ ਦਾ ਵਿਚਾਰ ਕਰਦੇ ਹਨ, ਪਰ ਉਸ ਅਬਿਨਾਸੀ ਪ੍ਰਭੂ ਦਾ ਕੋਈ ਭੀ ਅੰਤ ਨਹੀਂ ਪਾ ਸਕਦਾ । ੨ ।

ਹੇ ਭਾਈ ! ਸ਼ਿਵ ਜੀ ਅਤੇ ਹੋਰ ਅਨੇਕਾਂ ਦੇਵਤੇ (ਉਸ ਪ੍ਰਭੂ ਦਾ ਅੰਤ ਲੱਭਣ ਵਾਸਤੇ) ਤਰਲੇ ਲੈਂਦੇ ਹਨ, ਪਰ ਉਸ ਦੇ ਸਰੂਪ ਨੂੰ ਰਤਾ ਭਰ ਭੀ ਨਹੀਂ ਸਮਝ ਸਕਦੇ । ਉਸ ਪ੍ਰਭੂ ਦਾ ਸਰੂਪ ਸਹੀ ਤਰੀਕੇ ਨਾਲ ਬਿਆਨ ਨਹੀਂ ਕੀਤਾ ਜਾ ਸਕਦਾ, ਉਸ ਪ੍ਰਭੂ ਦਾ ਭੇਤ ਨਹੀਂ ਪਾਇਆ ਜਾ ਸਕਦਾ । ੩ ।

ਹੇ ਪ੍ਰਭੂ ! (ਮੈਂ ਤਾਂ ਹਾਂ ਨਾ-ਚੀਜ਼ । ਭਲਾ ਮੈਂ ਤੇਰਾ ਅੰਤ ਕਿਵੇਂ ਪਾ ਸਕਾਂ ?) ਮੈਂ ਗੁਣ-ਹੀਨ ਵਿਚ ਕੋਈ ਭੀ ਗੁਣ ਨਹੀਂ ਹੈ । (ਹਾਂ,) ਤੇਰੀ ਮੇਹਰ ਦੀ ਨਿਗਾਹ ਵਿਚ ਸਾਰੇ ਖ਼ਜ਼ਾਨੇ ਹਨ (ਜਿਸ ਉਤੇ ਨਜ਼ਰ ਕਰਦਾ ਹੈਂ, ਉਸ ਨੂੰ ਪ੍ਰਾਪਤ ਹੋ ਜਾਂਦੇ ਹਨ) । ਹੇ ਸਭ ਤੋਂ ਵੱਡੇ ਦੇਵ ! (ਤੇਰਾ ਦਾਸ) ਗਰੀਬ ਨਾਨਕ (ਤੈਥੋਂ) ਤੇਰੀ ਭਗਤੀ ਮੰਗਦਾ ਹੈ । ਮੇਹਰ ਕਰ ਕੇ ਇਹ ਖ਼ੈਰ ਪਾ । ੪ । ੧੫ । ੧੭ ।

ਗੋਂਡ ਮਹਲਾ ੫ ॥ ਸੰਤ ਕਾ ਲੀਆ ਧਰਤਿ ਬਿਦਾਰਉ ॥ ਸੰਤ ਕਾ ਨਿੰਦਕੁ ਅਕਾਸ ਤੇ ਟਾਰਉ ॥ ਸੰਤ ਕਉ ਰਾਖਉ ਅਪਨੇ ਜੀਅ ਨਾਲਿ ॥ ਸੰਤ ਉਧਾਰਉ ਤਤਖਿਣ ਤਾਲਿ ॥ ੧ ॥ ਸੋਈ ਸੰਤੁ ਜਿ ਭਾਵੈ ਰਾਮ ॥ ਸੰਤ ਗੋਬਿੰਦ ਕੈ ਏਕੈ ਕਾਮ ॥ ੧ ॥ ਰਹਾਉ ॥ ਸੰਤ ਕੈ ਊਪਰਿ ਦੇਇ ਪ੍ਰਭੁ ਹਾਥ ॥ ਸੰਤ ਕੈ ਸੰਗਿ ਬਸੈ ਦਿਨੁ ਰਾਤਿ ॥ ਸਾਸਿ ਸਾਸਿ ਸੰਤਹ ਪ੍ਰਤਿਪਾਲਿ ॥ ਸੰਤ ਕਾ ਦੋਖੀ ਰਾਜ ਤੇ ਟਾਲਿ ॥ ੨ ॥ ਸੰਤ ਕੀ ਨਿੰਦਾ ਕਰਹੁ ਨ ਕੋਇ ॥ ਜੋ ਨਿੰਦੈ ਤਿਸ ਕਾ ਪਤਨੁ ਹੋਇ ॥ ਜਿਸ ਕਉ ਰਾਖੈ ਸਿਰਜਨਹਾਰੁ ॥ ਝਖ ਮਾਰਉ ਸਗਲ ਸੰਸਾਰੁ ॥੩॥ ਪ੍ਰਭ ਅਪਨੇ ਕਾ ਭਇਆ ਬਿਸਾਸੁ ॥ ਜੀਉ ਪਿੰਡੁ ਸਭੁ ਤਿਸ ਕੀ ਰਾਸਿ ॥ ਨਾਨਕ ਕਉ ਉਪਜੀ ਪਰਤੀਤਿ ॥ ਮਨਮੁਖ ਹਾਰ ਗੁਰਮੁਖ ਸਦ ਜੀਤਿ ॥੪॥੧੬॥੧੮॥ [ਪੰਨਾ ੮੬੭]

ਪਦ ਅਰਥ :–ਲੀਆ–[ਅਰਬੀ ਲਫ਼ਜ਼ 'ਲਈਨ'–ਜਿਸ ਉਤੇ ਲਾਹਨਤ ਪਾਈ ਹੋਈ ਹੋਵੇ] ਲਾਹਨਤਿਆ ਹੋਇਆ, ਫਿਟਕਾਰਿਆ ਹੋਇਆ। ਬਿਦਾਰਉ–ਬਿਦਾਰਉਂ, ਮੈਂ ਚੀਰ ਦਿਆਂ। ਧਰਤਿ ਬਿਦਾਰਉ–ਮੈਂ ਧਰਤੀ ਤੋਂ ਜੜ੍ਹਾਂ ਪੁੱਟ ਦਿਆਂ। ਅਕਾਸ ਤੇ–ਆਕਾਸ਼ ਤੋਂ, ਉੱਚੇ ਮਰਾਤਬੇ ਤੋਂ। ਟਾਰਉ–ਟਾਰਉਂ, ਮੈਂ ਸੁੱਟ ਦਿਆਂ। ਕਉ–ਨੂੰ। ਰਾਖਉ–ਰਾਖਉਂ, ਮੈਂ ਰੱਖਿਆ ਕਰਦਾ ਹਾਂ। ਜੀਅ ਨਾਲਿ–ਜਿੰਦ ਨਾਲ। ਉਧਾਰਉ–ਉਧਾਰਉਂ, ਮੈਂ ਬਚਾ ਲੈਂਦਾ ਹਾਂ। ਤਤਕਾਲਿ–ਉਸੇ ਵੇਲੇ। ਤਾਲਿ–ਤਾਲੀ ਵੱਜਣ ਜਿਤਨੇ ਸਮੇ ਵਿਚ।੧।

ਸੋਈ–ਉਹੀ (ਮਨੁੱਖ)। ਜਿ–ਜਿਹੜਾ। ਭਾਵੈ ਰਾਮ–ਰਾਮ ਨੂੰ ਚੰਗਾ ਲੱਗਦਾ ਹੈ। ਸੰਤ ਗੋਬਿੰਦ ਕੈ–ਸੰਤ ਅਤੇ ਪਰਮਾਤਮਾ ਦੇ ਅੰਦਰ। ਏਕੈ–ਇਕੋ ਜਿਹੇ।੧। ਰਹਾਉ।

ਕੈ ਊਪਰਿ–ਦੇ ਉੱਤੇ। ਦੇਇ–ਦੇਂਦੀ ਹੈ। ਕੈ ਸੰਗਿ–ਦੇ ਨਾਲ। ਸਾਸਿ ਸਾਸਿ–ਹਰੇਕ ਸਾਹ ਦੇ ਨਾਲ। ਪ੍ਰਤਿਪਾਲਿ–ਪ੍ਰਤਪਾਲੈ, ਰਾਖੀ ਕਰਦਾ ਹੈ। ਦੋਖੀ–ਵੈਰੀ, ਬੁਰਾ ਚਿਤਵਨ ਵਾਲਾ। ਟਾਲਿ–ਟਾਲੈ, ਸੁੱਟ ਦੇਂਦਾ ਹੈ।੨।

ਤਿਸ ਕਾ–[ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ]। ਪਤਨੁ–ਨਾਸ, ਗਿਰਾਵਟ। ਜਿਸ ਕਉ–[ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਕਉ' ਦੇ ਕਾਰਨ ਉੱਡ ਗਿਆ ਹੈ] ਮਾਰਉ–[ਹੁਕਮੀ ਭਵਿੱਖਤ, ਅੱਨ ਪੁਰਖ, ਇਕ ਵਚਨ] ਬੇ-ਸ਼ੱਕ ਮਾਰੇ। ਝਖ ਮਾਰਉ–ਬੇ-ਸ਼ੱਕ ਝਖਾਂ ਮਾਰੇ।੩।

ਬਿਸਾਸੁ–ਭਰੋਸਾ। ਜੀਉ–ਜਿੰਦ। ਪਿੰਡੁ–ਸਰੀਰ। ਤਿਸ ਕੀ–[ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ]। ਰਾਸਿ–ਸਰਮਾਇਆ, ਪੂੰਜੀ। ਕਉ–ਨੂੰ। ਪਰਤੀਤਿ–ਯਕੀਨ, ਨਿਸ਼ਚਾ। ਮਨਮੁਖ–ਆਪਣੇ ਮਨ ਵਲ ਮੂੰਹ ਰੱਖਣ ਵਾਲਾ, ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਗੁਰਮੁਖ–ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਜੀਤਿ–ਜਿੱਤ।੪।

ਅਰਥ :–ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਉਹੀ ਹੈ ਸੰਤ। ਸੰਤ ਦੇ ਹਿਰਦੇ ਵਿਚ ਅਤੇ ਗੋਬਿੰਦ ਦੇ ਮਨ ਵਿਚ ਇਕੋ ਜਿਹਾ ਕੰਮ ਹੁੰਦਾ ਹੈ।੧। ਰਹਾਉ।

(ਹੇ ਭਾਈ! ਤਾਹੀਏਂ ਪਰਮਾਤਮਾ ਆਖਦਾ ਹੈ–) ਜਿਸ ਮਨੁੱਖ ਨੂੰ ਸੰਤ ਫ਼ਿਟਕਾਰ ਪਾਏ, ਮੈਂ ਉਸ ਦੀਆਂ ਜੜ੍ਹਾਂ ਪੁੱਟ ਦੇਂਦਾ ਹਾਂ। ਸੰਤ ਦੀ ਨਿੰਦਾ ਕਰਨ ਵਾਲੇ ਨੂੰ ਮੈਂ ਉੱਚੇ ਮਰਾਤਬੇ ਤੋਂ ਹੇਠਾਂ ਡੇਗ ਦੇਂਦਾ ਹਾਂ। ਸੰਤ ਨੂੰ ਮੈਂ ਸਦਾ ਆਪਣੀ ਜਿੰਦ ਦੇ ਨਾਲ ਰੱਖਦਾ ਹਾਂ। (ਕਿਸੇ ਭੀ ਬਿਪਤਾ ਤੋਂ) ਸੰਤ ਨੂੰ ਮੈਂ ਤੁਰਤ ਉਸੇ ਵੇਲੇ ਬਚਾ ਲੈਂਦਾ ਹਾਂ।੧।

ਹੇ ਭਾਈ! ਪ੍ਰਭੂ ਆਪਣਾ ਹੱਥ (ਆਪਣੇ) ਸੰਤ ਉੱਤੇ ਰੱਖਦਾ ਹੈ, ਪ੍ਰਭੂ ਆਪਣੇ

ਸੰਤ ਦੇ ਨਾਲ ਦਿਨ ਰਾਤ(ਹਰ ਵੇਲੇ) ਵੱਸਦਾ ਹੈ। ਪ੍ਰਭੂ ਆਪਣੇ ਸੰਤਾਂ ਦੀ (ਉਹਨਾਂ ਦੇ) ਹਰੇਕ ਸਾਹ ਦੇ ਨਾਲ ਰਾਖੀ ਕਰਦਾ ਹੈ। ਸੰਤ ਦਾ ਬੁਰਾ ਮੰਗਣ ਵਾਲੇ ਨੂੰ ਪ੍ਰਭੂ ਰਾਜ ਤੋਂ (ਭੀ) ਹੇਠਾਂ ਡੇਗ ਦੇਂਦਾ ਹੈ। ੨।

ਹੇ ਭਾਈ! ਕੋਈ ਭੀ ਮਨੁੱਖ ਕਿਸੇ ਸੰਤ ਦੀ ਨਿੰਦਾ ਨਾਂਹ ਕਰਿਆ ਕਰੋ। ਜੇਹੜਾ ਭੀ ਮਨੁੱਖ ਨਿੰਦਾ ਕਰਦਾ ਹੈ, ਉਹ ਆਤਮਕ ਜੀਵਨ ਤੋਂ ਡਿੱਗ ਪੈਂਦਾ ਹੈ। ਕਰਤਾਰ ਆਪ ਜਿਸ ਮਨੁੱਖ ਦੀ ਰੱਖਿਆ ਕਰਦਾ ਹੈ, ਸਾਰਾ ਸੰਸਾਰ (ਉਸ ਦਾ ਨੁਕਸਾਨ ਕਰਨ ਲਈ) ਬੇ-ਸ਼ੱਕ ਪਿਆ ਝਖਾਂ ਮਾਰੇ (ਉਸ ਦਾ ਕੋਈ ਵਿਗਾੜ ਨਹੀਂ ਕਰ ਸਕਦਾ)। ੩।

ਹੇ ਭਾਈ! ਜਿਸ ਮਨੁੱਖ ਨੂੰ ਆਪਣੇ ਪ੍ਰਭੂ ਉਤੇ ਭਰੋਸਾ ਬਣ ਜਾਂਦਾ ਹੈ (ਉਸ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਇਹ ਜਿੰਦ ਤੇ ਇਹ ਸਰੀਰ ਸਭ ਕੁਝ ਉਸ ਪ੍ਰਭੂ ਦਾ ਦਿੱਤਾ ਹੋਇਆ ਹੀ ਸਰਮਾਇਆ ਹੈ। ਹੇ ਭਾਈ! ਨਾਨਕ ਦੇ ਹਿਰਦੇ ਵਿਚ ਭੀ ਇਹ ਯਕੀਨ ਬਣ ਗਿਆ ਹੈ ਕਿ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਜੀਵਨ-ਬਾਜ਼ੀ ਵਿਚ) ਹਾਰ ਜਾਂਦਾ ਹੈ, ਗੁਰੂ ਦੀ ਸਰਨ ਪੈਣ ਵਾਲੇ ਮਨੁੱਖ ਨੂੰ ਸਦਾ ਜਿੱਤ ਪ੍ਰਾਪਤ ਹੁੰਦੀ ਹੈ। ੪। ੧੬। ੧੮।

ਗੋਂਡ ਮਹਲਾ ੫ ॥ ਨਾਮੁ ਨਿਰੰਜਨੁ ਨੀਰਿ ਨਰਾਇਣ ॥ ਰਸਨਾ ਸਿਮਰਤ ਪਾਪ ਬਿਲਾਇਣ ॥ ੧ ॥ ਰਹਾਉ ॥ ਨਾਰਾਇਣ ਸਭ ਮਾਹਿ ਨਿਵਾਸ ॥ ਨਾਰਾਇਣ ਘਟਿ ਘਟਿ ਪਰਗਾਸ ॥ ਨਾਰਾਇਣ ਕਹਤੇ ਨਰਕਿ ਨ ਜਾਹਿ ॥ ਨਾਰਾਇਣ ਸੇਵਿ ਸਗਲ ਫਲ ਪਾਹਿ ॥ ੧ ॥ ਨਾਰਾਇਣ ਮਨ ਮਾਹਿ ਅਧਾਰ ॥ ਨਾਰਾਇਣ ਬੋਹਿਥ ਸੰਸਾਰ ॥ ਨਾਰਾਇਣ ਕਹਤ ਜਮੁ ਭਾਗਿ ਪਲਾਇਣ ॥ ਨਾਰਾਇਣ ਦੰਤ ਭਾਨੇ ਡਾਇਣ ॥ ੨ ॥ ਨਾਰਾਇਣ ਸਦ ਸਦ ਬਖਸਿੰਦ ॥ ਨਾਰਾਇਣ ਕੀਨੇ ਸੂਖ ਆਨੰਦ ॥ ਨਾਰਾਇਣ ਪ੍ਰਗਟ ਕੀਨੋ ਪਰਤਾਪ ॥ ਨਾਰਾਇਣ ਸੰਤ ਕੋ ਮਾਈ ਬਾਪ ॥ ੩ ॥ ਨਾਰਾਇਣ ਸਾਧ ਸੰਗਿ ਨਰਾਇਣ ॥ ਬਾਰੰਬਾਰ ਨਰਾਇਣ ਗਾਇਣ ॥ ਬਸਤੁ ਅਗੋਚਰ ਗੁਰ ਮਿਲਿ ਲਹੀ ॥ ਨਾਰਾਇਣ ਓਟ ਨਾਨਕ ਦਾਸ ਗਹੀ ॥੪॥ ੧੭ ॥ ੧੯ ॥ [ਪੰਨਾ ੮੬੮]

ਪਦ ਅਰਥ :–ਨਿਰੰਜਨੁ–[ਨਿਰ-ਅੰਜਨੁ] ਮਾਇਆ ਦੀ ਕਾਲਖ ਤੋਂ ਪਰੇ ਰੱਖਣ ਵਾਲਾ। ਨਾਮੁ ਨਰਾਇਣ–ਪਰਮਾਤਮਾ ਦਾ ਨਾਮ। ਨੀਰਿ–[ਕ੍ਰਿਆ] (ਆਪਣੇ ਹਿਰਦੇ ਵਿਚ) ਸਿੰਜ। ਰਸਨਾ–ਜੀਭ (ਨਾਲ)। ਬਿਲਾਇਣ–ਦੂਰ ਹੋ ਜਾਂਦੇ ਹਨ। ੧। ਰਹਾਉ।

ਘਟਿ ਘਟਿ—ਹਰੇਕ ਘਟ ਵਿਚ, ਹਰੇਕ ਸਰੀਰ ਵਿਚ। ਨਰਕਿ—ਨਰਕ ਵਿਚ। ਨ ਜਾਹਿ—ਨਹੀਂ ਜਾਂਦੇ। ਸੇਵਿ—ਸਿਮਰ ਕੇ। ੧।

ਅਧਾਰ—ਆਸਰਾ। ਬੋਹਿਥ—ਜਹਾਜ਼। ਭਾਗਿ—ਭੱਜ ਕੇ। ਪਲਾਇਣ—ਦੌੜ (ਲਾ ਦੇਂਦਾ ਹੈ)। ਭਾਨੇ—ਭੰਨ ਦੇਂਦਾ ਹੈ। ਦੰਤ ਡਾਇਣ—(ਮਾਇਆ) ਡੈਣ ਦੇ ਦੰਦ। ੨।

ਸਦ ਸਦ—ਸਦਾ ਸਦਾ। ਬਖਸਿੰਦ—ਬਖ਼ਸ਼ਣ ਵਾਲਾ। ਕੀਨੇ—ਪੈਦਾ ਕਰ ਦਿੱਤੇ। ਕੋ—ਦਾ। ੩।

ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਬਾਰੰਬਾਰ—ਮੁੜ ਮੁੜ। ਬਸਤੁ—ਚੀਜ਼। ਅਗੋਚਰ—[ਅ-ਗੋ-ਚਰ। ਗੋ—ਇੰਦਰੇ। ਚਰ—ਪਹੁੰਚ] ਇੰਦਰਿਆਂ ਦੀ ਪਹੁੰਚ ਤੋਂ ਪਰੇ। ਗੁਰ ਮਿਲਿ—ਗੁਰੂ ਨੂੰ ਮਿਲ ਕੇ। ਲਹੀ—ਲੱਭ ਲਈ। ਦਾਸ—ਦਾਸਾਂ ਨੇ। ਗਹੀ—ਪਕੜੀ, ਫੜੀ। ਓਟ—ਆਸਰਾ। ੪।

ਅਰਥ :—ਹੇ ਭਾਈ! ਨਾਰਾਇਣ ਦਾ ਨਾਮ ਮਾਇਆ ਦੀ ਕਾਲਖ ਤੋਂ ਬਚਾਣ ਵਾਲਾ (ਹੈ, ਇਸ ਨੂੰ ਆਪਣੇ ਹਿਰਦੇ ਵਿਚ) ਸਿੰਜ। (ਇਹ ਨਾਮ) ਜੀਭ ਨਾਲ ਜਪਦਿਆਂ (ਸਾਰੇ) ਪਾਪ ਦੂਰ ਹੋ ਜਾਂਦੇ ਹਨ। ੧। ਰਹਾਉ।

ਹੇ ਭਾਈ! ਸਭ ਜੀਵਾਂ ਵਿਚ ਨਾਰਾਇਣ ਦਾ ਨਿਵਾਸ ਹੈ, ਹਰੇਕ ਸਰੀਰ ਵਿਚ ਨਾਰਾਇਣ (ਦੀ ਜੋਤਿ) ਦਾ ਹੀ ਚਾਨਣ ਹੈ। ਨਾਰਾਇਣ (ਦਾ ਨਾਮ) ਜਪਣ ਵਾਲੇ ਜੀਵ ਨਰਕ ਵਿਚ ਨਹੀਂ ਪੈਂਦੇ। ਨਾਰਾਇਣ ਦੀ ਭਗਤੀ ਕਰ ਕੇ ਸਾਰੇ ਫਲ ਪ੍ਰਾਪਤ ਕਰ ਲੈਂਦੇ ਹਨ। ੧।

ਹੇ ਭਾਈ! ਨਾਰਾਇਣ (ਦੇ ਨਾਮ) ਨੂੰ (ਆਪਣੇ) ਮਨ ਵਿਚ ਆਸਰਾ ਬਣਾ ਲੈ, ਨਾਰਾਇਣ (ਦਾ ਨਾਮ) ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਣ ਲਈ ਜਹਾਜ਼ ਹੈ। ਨਾਰਾਇਣ ਦਾ ਨਾਮ ਜਪਦਿਆਂ ਜਮ ਭੱਜ ਕੇ ਪਰੇ ਚਲਾ ਜਾਂਦਾ ਹੈ। ਨਾਰਾਇਣ (ਦਾ ਨਾਮ ਮਾਇਆ) ਡੈਣ ਦੇ ਦੰਦ ਭੰਨ ਦੇਂਦਾ ਹੈ। ੨।

ਹੇ ਭਾਈ! ਨਾਰਾਇਣ ਸਦਾ ਹੀ ਬਖ਼ਸ਼ਣਹਾਰ ਹੈ। ਨਾਰਾਇਣ (ਆਪਣੇ ਸੇਵਕਾਂ ਦੇ ਹਿਰਦੇ ਵਿਚ) ਸੁਖ ਆਨੰਦ ਪੈਦਾ ਕਰਦਾ ਹੈ, (ਉਹਨਾਂ ਦੇ ਅੰਦਰ ਆਪਣਾ) ਤੇਜ-ਪਰਤਾਪ ਪਰਗਟ ਕਰਦਾ ਹੈ। ਹੇ ਭਾਈ! ਨਾਰਾਇਣ ਆਪਣੇ ਸੇਵਕਾਂ ਸੰਤਾਂ ਦਾ ਮਾਂ ਪਿਉ (ਵਾਂਗ ਰਾਖਾ) ਹੈ। ੩।

ਹੇ ਭਾਈ! ਜੇਹੜੇ ਮਨੁੱਖ ਸਾਧ ਸੰਗਤਿ ਵਿਚ ਟਿਕ ਕੇ ਸਦਾ ਨਾਰਾਇਣ ਦਾ ਨਾਮ ਜਪਦੇ ਹਨ, ਮੁੜ ਮੁੜ ਉਸ ਦੀ ਸਿਫਤਿ ਸਾਲਾਹ ਦੇ ਗੀਤ ਗਾਂਦੇ ਹਨ, ਉਹ ਮਨੁੱਖ ਗੁਰੂ ਨੂੰ ਮਿਲ ਕੇ (ਉਹ ਮਿਲਾਪ-ਰੂਪ ਕੀਮਤੀ) ਚੀਜ਼ ਲੱਭ ਲੈਂਦੇ ਹਨ ਜੇਹੜੀ ਇਹਨਾਂ ਇੰਦਰਿਆਂ ਦੀ ਪਹੁੰਚ ਤੋਂ ਪਰੇ ਹੈ। ਹੇ ਨਾਨਕ! ਨਾਰਾਇਣ ਦੇ ਦਾਸ ਸਦਾ

ਨਾਰਾਇਣ ਦਾ ਆਸਰਾ ਲਈ ਰੱਖਦੇ ਹਨ । ੪ । ੧੭ । ੧੯ ।

ਗੋਂਡ ਮਹਲਾ ੫ ॥ ਜਾ ਕਉ ਰਾਖੈ ਰਾਖਣਹਾਰੁ ॥ ਤਿਸ ਕਾ ਅੰਗੁ ਕਰੇ ਨਿਰੰਕਾਰੁ ॥ ੧ ॥ ਰਹਾਉ ॥ ਮਾਤ ਗਰਭ ਮਹਿ ਅਗਨਿ ਨ ਜੋਹੈ ॥ ਕਾਮੁ ਕ੍ਰੋਧੁ ਲੋਭੁ ਮੋਹੁ ਨ ਪੋਹੈ ॥ ਸਾਧ ਸੰਗਿ ਜਪੈ ਨਿਰੰਕਾਰੁ ॥ ਨਿੰਦਕ ਕੈ ਮੁਹਿ ਲਾਗੈ ਛਾਰੁ ॥ ੧ ॥ ਰਾਮ ਕਵਚੁ ਦਾਸ ਕਾ ਸੰਨਾਹੁ ॥ ਦੂਤ ਦੁਸਟ ਤਿਸੁ ਪੋਹਤ ਨਾਹਿ ॥ ਜੋ ਜੋ ਗਰਬੁ ਕਰੇ ਸੋ ਜਾਇ ॥ ਗਰੀਬ ਦਾਸ ਕੀ ਪ੍ਰਭੁ ਸਰਣਾਇ ॥ ੨ ॥ ਜੋ ਜੋ ਸਰਣਿ ਪਇਆ ਹਰਿ ਰਾਇ ॥ ਸੋ ਦਾਸੁ ਰਖਿਆ ਆਪਣੈ ਕੰਠਿ ਲਾਇ ॥ ਜੇ ਕੋ ਬਹੁਤੁ ਕਰੇ ਅਹੰਕਾਰੁ ॥ ਓਹੁ ਖਿਨ ਮਹਿ ਰੁਲਤਾ ਖਾਕੂ ਨਾਲਿ ॥੩॥ ਹੈ ਭੀ ਸਾਚਾ ਹੋਵਣਹਾਰੁ ॥ ਸਦਾ ਸਦਾ ਜਾਂਈ ਬਲਿਹਾਰ ॥ ਆਪਣੇ ਦਾਸ ਰਖੇ ਕਿਰਪਾ ਧਾਰਿ ॥ ਨਾਨਕ ਕੇ ਪ੍ਰਭ ਪ੍ਰਾਣ ਅਧਾਰ ॥ ੪ ॥ ੧੯ ॥ ੨੦ ॥ [ਪੰਨਾ ੮੬੮]

ਪਦ ਅਰਥ :—ਜਾ ਕਉ—ਜਿਸ (ਮਨੁੱਖ) ਨੂੰ । ਰਾਖੈ—ਬਚਾਂਦਾ ਹੈ । ਰਾਖਣਹਾਰੁ—ਬਚਾਣ ਦੀ ਸਮਰਥਾ ਵਾਲਾ ਪ੍ਰਭੂ । ਤਿਸ ਕਾ—[ਲਫ਼ਜ਼ 'ਤਿਸੁ' ਦਾ ੁ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ] । ਅੰਗੁ—ਪੱਖ । ਨਿਰੰਕਾਰੁ—ਆਕਾਰ-ਰਹਿਤ ਪ੍ਰਭੂ । ੧ । ਰਹਾਉ ।

ਜੋਹੈ—ਤੱਕਦੀ, ਦੁੱਖ ਦੇਂਦੀ । ਨ ਪੋਹੈ—ਆਪਣਾ ਪ੍ਰਭਾਵ ਨਹੀਂ ਪਾ ਸਕਦਾ । ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਕੈ ਮੁਹਿ—ਦੇ ਮੂੰਹ ਵਿਚ, ਦੇ ਸਿਰ ਉਤੇ । ਛਾਰੁ—ਸੁਆਹ । ੧ ।

ਕਵਚੁ—[ਕਵਚ] ੧. ਲੋਹੇ ਦਾ ਕੋਟ, ਜ਼ਿਰਹ ਬਕਤਰ ੨. ਤੰਤਰ ਜੋ ਸ਼ਸਤ੍ਰਾਂ ਦੀ ਮਾਰ ਤੋਂ ਬਚਾ ਸਕੇ । ਸੰਨਾਹੁ—ਸੰਜੋਅ । ਦੂਤ—(ਕਾਮਾਦਿਕ) ਵੈਰੀ । ਦੁਸਟ—ਭੈੜੇ ਚੰਦਰੇ । ਗਰਬੁ—ਅਹੰਕਾਰ । ਜਾਇ—ਨਾਸ ਹੋ ਜਾਂਦਾ ਹੈ । ਸਰਣਾਇ—ਆਸਰਾ । ੨ ।

ਰਾਇ—ਰਾਜਾ, ਪਾਤਿਸ਼ਾਹ । ਕੰਠਿ—ਗਲ ਨਾਲ । ਲਾਇ—ਲਾ ਕੇ । ਖਾਕੂ ਨਾਲਿ—ਮਿੱਟੀ ਵਿਚ । ੩ ।

ਹੈ ਭੀ—ਹੁਣ ਭੀ ਮੌਜੂਦ ਹੈ । ਸਾਚਾ—ਸਦਾ ਕਾਇਮ ਰਹਿਣ ਵਾਲਾ । ਹੋਵਣਹਾਰੁ—ਅਗਾਂਹ ਨੂੰ ਭੀ ਕਾਇਮ ਰਹਿਣ ਵਾਲਾ । ਜਾਈ—ਮੈਂ ਜਾਂਦਾ ਹਾਂ । ਬਲਿਹਾਰ—ਕੁਰਬਾਨ । ਧਾਰਿ—ਧਾਰ ਕੇ, ਕਰ ਕੇ । ਅਧਾਰ—ਆਸਰਾ । ੪ ।

ਅਰਥ :—ਹੇ ਭਾਈ ! ਜਿਸ ਮਨੁੱਖ ਨੂੰ ਰੱਖਣ-ਜੋਗ ਪ੍ਰਭੂ (ਕਾਮਾਦਿਕ ਵਿਕਾਰਾਂ ਤੋਂ) ਬਚਾਣਾ ਚਾਹੁੰਦਾ ਹੈ, ਪ੍ਰਭੂ ਉਸ ਮਨੁੱਖ ਦਾ ਪੱਖ ਕਰਦਾ ਹੈ (ਉਸ ਦੀ ਮਦਦ ਕਰਦਾ ਹੈ) ।

੧ । ਰਹਾਉ ।

ਹੇ ਭਾਈ ! (ਜਿਵੇਂ ਜੀਵ ਨੂੰ) ਮਾਂ ਦੇ ਪੇਟ ਵਿਚ ਅੱਗ ਦੁੱਖ ਨਹੀਂ ਦੇਂਦੀ,(ਤਿਵੇਂ ਪ੍ਰਭੂ ਜਿਸ ਮਨੁੱਖ ਦਾ ਪੱਖ ਕਰਦਾ ਹੈ, ਉਸ ਨੂੰ) ਕਾਮ, ਕ੍ਰੋਧ, ਲੋਭ, ਮੋਹ (ਕੋਈ ਭੀ) ਆਪਣੇ ਦਬਾਉ ਵਿਚ ਨਹੀਂ ਲਿਆ ਸਕਦਾ । ਉਹ ਮਨੁੱਖ ਗੁਰੂ ਦੀ ਸੰਗਤਿ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪਦਾ ਹੈ, (ਪਰ ਉਸ) ਦੀ ਨਿੰਦਾ ਕਰਨ ਵਾਲੇ ਮਨੁੱਖ ਦੇ ਸਿਰ ਉਤੇ ਸੁਆਹ ਪੈਂਦੀ ਹੈ (ਨਿੰਦਕ ਬਦਨਾਮੀ ਹੀ ਖੱਟਦਾ ਹੈ) । ੧ ।

ਹੇ ਭਾਈ ! ਪਰਮਾਤਮਾ (ਦਾ ਨਾਮ) ਸੇਵਕ ਵਾਸਤੇ (ਸ਼ਸਤ੍ਰਾਂ ਦੀ ਮਾਰ ਤੋਂ ਬਚਾਣ ਵਾਲਾ) ਤੰਤ੍ਰ ਹੈ, ਸੰਜੋਅ ਹੈ (ਜਿਸ ਮਨੁੱਖ ਦੇ ਪਾਸ ਰਾਮ-ਨਾਮ ਦਾ ਕਵਚ ਹੈ ਸੰਜੋਅ ਹੈ) ਉਸ ਨੂੰ (ਕਾਮਾਦਿਕ) ਚੰਦਰੇ ਵੈਰੀ ਪੋਹ ਨਹੀਂ ਸਕਦੇ । (ਪਰ) ਜੇਹੜਾ ਜੇਹੜਾ ਮਨੁੱਖ (ਆਪਣੀ ਤਾਕਤ ਦਾ) ਮਾਣ ਕਰਦਾ ਹੈ, ਉਹ (ਆਤਮਕ ਜੀਵਨ ਵਲੋਂ) ਤਬਾਹ ਹੋ ਜਾਂਦਾ ਹੈ । ਗ਼ਰੀਬ ਦਾ ਆਸਰਾ ਸੇਵਕ ਦਾ ਆਸਰਾ ਪ੍ਰਭੂ ਆਪ ਹੈ । ੨ ।

ਹੇ ਭਾਈ ! ਜੇਹੜਾ ਜੇਹੜਾ ਮਨੁੱਖ ਪ੍ਰਭੂ ਪਾਤਿਸ਼ਾਹ ਦੀ ਸਰਨੀ ਪੈ ਜਾਂਦਾ ਹੈ, ਉਸ ਸੇਵਕ ਨੂੰ ਪ੍ਰਭੂ ਆਪਣੇ ਗਲ ਨਾਲ ਲਾ ਕੇ (ਦੁਸਟ ਦੂਤਾਂ ਤੋਂ) ਬਚਾ ਲੈਂਦਾ ਹੈ । ਪਰ ਜੇਹੜਾ ਮਨੁੱਖ (ਆਪਣੀ ਹੀ ਤਾਕਤ ਉਤੇ) ਬੜਾ ਮਾਣ ਕਰਦਾ ਹੈ, ਉਹ ਮਨੁੱਖ (ਇਹਨਾਂ ਦੂਤਾਂ ਦੇ ਟਾਕਰੇ ਤੇ) ਇਕ ਖਿਨ ਵਿਚ ਹੀ ਮਿੱਟੀ ਵਿਚ ਮਿਲ ਜਾਂਦਾ ਹੈ । ੩ ।

ਹੇ ਭਾਈ ! ਸਦਾ ਕਾਇਮ ਰਹਿਣ ਵਾਲਾ ਪ੍ਰਭੂ ਹੁਣ ਭੀ ਮੌਜੂਦ ਹੈ, ਸਦਾ ਲਈ ਮੌਜੂਦ ਰਹੇਗਾ । ਮੈਂ ਸਦਾ ਉਸੇ ਉਤੋਂ ਸਦਕੇ ਜਾਂਦਾ ਹਾਂ । ਹੇ ਭਾਈ ! ਨਾਨਕ ਦੇ ਪ੍ਰਭੂ ਜੀ ਆਪਣੇ ਦਾਸਾਂ ਦੀ ਜਿੰਦ ਦਾ ਆਸਰਾ ਹਨ । ਪ੍ਰਭੂ ਆਪਣੇ ਦਾਸ ਨੂੰ ਕਿਰਪਾ ਕਰ ਕੇ (ਵਿਕਾਰਾਂ ਤੋਂ ਸਦਾ) ਬਚਾਂਦਾ ਹੈ । ੪ । ੧੯ । ੨੦ ।

ਗੋਂਡ ਮਹਲਾ ੫॥ਅਚਰਜ ਕਥਾ ਮਹਾ ਅਨੂਪ॥ ਪ੍ਰਾਤਮਾ ਪਾਰਬ੍ਰਹਮ ਕਾ ਰੂਪੁ ॥ ਰਹਾਉ ॥ ਨਾ ਇਹੁ ਬੂਢਾ ਨਾ ਇਹੁ ਬਾਲਾ ॥ ਨਾ ਇਸੁ ਦੂਖੁ ਨਹੀ ਜਮ ਜਾਲਾ ॥ ਨਾ ਇਹੁ ਬਿਨਸੈ ਨਾ ਇਹੁ ਜਾਇ ॥ ਆਦਿ ਜੁਗਾਦੀ ਰਹਿਆ ਸਮਾਇ ॥ ੧ ॥ ਨਾ ਇਸੁ ਉਸਨੁ ਨਹੀ ਇਸੁ ਸੀਤੁ ॥ ਨਾ ਇਸੁ ਦੁਸਮਨੁ ਨਾ ਇਸੁ ਮੀਤੁ ॥ ਨਾ ਇਸੁ ਹਰਖੁ ਨਹੀ ਇਸੁ ਸੋਗੁ॥ਸਭੁ ਕਿਛੁ ਇਸ ਕਾ ਇਹੁ ਕਰਨੈ ਜੋਗੁ ॥੨॥ ਨਾ ਇਸੁ ਬਾਪੁ ਨਹੀ ਇਸੁ ਮਾਇਆ ॥ ਇਹੁ ਅਪਰੰਪਰੁ ਹੋਤਾ ਆਇਆ॥ਪਾਪ ਪੁੰਨ ਕਾ ਇਸੁ ਲੇਪੁ ਨ ਲਾਗੈ॥ਘਟ ਘਟ ਅੰਤਰਿ ਸਦ ਹੀ ਜਾਗੈ ॥ ੩ ॥ ਤੀਨਿ ਗੁਣਾ ਇਕ ਸਕਤਿ ਉਪਾ- ਇਆ ॥ ਮਹਾ ਮਾਇਆ ਤਾ ਕੀ ਹੈ ਛਾਇਆ ॥ ਅਛਲ ਅਛੇਦ ਅਭੇਦ

ਦਇਆਲ ॥ ਦੀਨ ਦਇਆਲ ਸਦਾ ਕਿਰਪਾਲ ॥ ਤਾ ਕੀ ਗਤਿ ਮਿਤਿ ਕਛੂ ਨ ਪਾਇ ॥ ਨਾਨਕ ਤਾ ਕੈ ਬਲਿ ਬਲਿ ਜਾਇ ॥੪॥੧੯॥੨੧॥

[ਪੰਨਾ ੮੯੮]

ਪਦ ਅਰਥ :–ਅਚਰਜ–ਹੈਰਾਨ ਕਰਨ ਵਾਲੀ । ਅਨੂਪ–ਉਪਮਾ-ਰਹਿਤ, ਅਦੁਤੀ, ਜਿਸ ਵਰਗੀ ਹੋਰ ਕੋਈ ਸ਼ੈ ਨਾਂਹ ਹੋਵੇ । ਪ੍ਰਾਤਮਾ–ਜੀਵਾਤਮਾ । ਰਹਾਉ ।

ਬਾਲਾ–ਬਾਲਕ । ਜਮ ਜਾਲਾ–ਜਮਾਂ ਦਾ ਜਾਲ । ਜਾਇ–ਜੰਮਦਾ । ਆਦਿ–ਮੁੱਢ ਤੋਂ । ਜੁਗਾਦੀ–ਜੁਗਾਦਿ, ਜੁਗਾਂ ਦੇ ਮੁੱਢ ਤੋਂ । ੧ ।

ਉਸਨੁ–(ਵਿਕਾਰਾਂ ਦੀ) ਗਰਮੀ । ਸੀਤੁ–ਠੰਢ । ਹਰਖੁ–ਖ਼ੁਸ਼ੀ । ਸੋਗੁ–ਫ਼ਿਕਰ । ਇਸ ਕਾ–[ਲਫ਼ਜ਼ 'ਇਸੁ' ਦਾ੍ ਸੰਬੰਧਕ 'ਕਾ' ਦੇ ਕਾਰਨ ਉੱਡ ਗਿਆ ਹੈ] । ਕਰਨੈ ਜੋਗੁ–ਕਰਨ ਦੀ ਤਾਕਤ ਰੱਖਣ ਵਾਲਾ । ੨ ।

ਮਾਇਆ–ਮਾਂ । ਅਪਰੰਪਰੁ–ਪਰੇ ਤੋਂ ਪਰੇ । ਲੇਪੁ–ਅਸਰ । ਘਟ ਘਟ ਅੰਤਰਿ–ਹਰੇਕ ਸਰੀਰ ਵਿਚ । ਸਦ–ਸਦਾ । ਜਾਗੈ–(ਵਿਕਾਰਾਂ ਵਲੋਂ) ਸੁਚੇਤ ਰਹਿੰਦਾ ਹੈ । ੩ ।

ਸਕਤਿ–ਮਾਇਆ । ਤਾ ਕੀ–ਉਸ (ਪ੍ਰਭੂ) ਦੀ । ਛਾਇਆ–ਛਾਂ, ਪਰਛਾਵਾਂ । ਗਤਿ–ਆਤਮਕ ਅਵਸਥਾ । ਮਿਤਿ–ਮਰਯਾਦਾ, ਵਿਤ । ਬਲਿ–ਸਦਕੇ । ੪ ।

ਅਰਥ :–ਹੇ ਭਾਈ! ਜੀਵਾਤਮਾ ਉਸ ਪਰਮਾਤਮਾ ਦਾ ਰੂਪ ਹੈ ਜਿਸ ਦੀ ਸਿਫ਼ਤਿ ਸਾਲਾਹ ਦੀਆਂ ਗੱਲਾਂ ਹੈਰਾਨ ਕਰਨ ਵਾਲੀਆਂ ਹਨ ਤੇ ਬੜੀਆਂ ਅਦੁਤੀ ਹਨ।੧।ਰਹਾਉ।

(ਹੇ ਭਾਈ ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ ਉਹ ਐਸਾ ਹੈ ਕਿ) ਨਾਂਹ ਇਹ ਕਦੇ ਬੁੱਢਾ ਹੁੰਦਾ ਹੈ, ਨਾਂਹ ਹੀ ਇਹ ਕਦੇ ਬਾਲਕ (ਅਵਸਥਾ ਵਿਚ ਪਰ-ਅਧੀਨ) ਹੁੰਦਾ ਹੈ । ਇਸ ਨੂੰ ਕੋਈ ਦੁੱਖ ਨਹੀਂ ਪੋਹ ਸਕਦਾ, ਜਮਾਂ ਦਾ ਜਾਲ ਫਸਾ ਨਹੀਂ ਸਕਦਾ । (ਪਰਮਾਤਮਾ ਐਸਾ ਹੈ ਕਿ) ਨਾਂਹ ਇਹ ਕਦੇ ਮਰਦਾ ਹੈ ਨਾਂਹ ਜੰਮਦਾ ਹੈ, ਇਹ ਤਾਂ ਸ਼ੁਰੂ ਤੋਂ ਹੀ, ਜੁਗਾਂ ਦੇ ਸ਼ੁਰੂ ਤੋਂ ਹੀ (ਹਰ ਥਾਂ) ਵਿਆਪਕ ਚਲਿਆ ਆ ਰਿਹਾ ਹੈ । ੧ ।

(ਹੇ ਭਾਈ!ਜੀਵਾਤਮਾ ਜਿਸ ਪ੍ਰਭੂ ਦਾ ਰੂਪ ਹੈ ਉਹ ਐਸਾ ਹੈ ਕਿ)ਇਸ ਨੂੰ(ਵਿਕਾਰਾਂ ਦੀ) ਤਪਸ਼ ਨਹੀਂ ਪੋਹ ਸਕਦੀ,(ਚਿੰਤਾ-ਫ਼ਿਕਰ ਦਾ) ਪਾਲਾ ਨਹੀਂ ਵਿਆਪ ਸਕਦਾ। ਨਾਂਹ ਇਸ ਦਾ ਕੋਈ ਵੈਰੀ ਹੈ ਨਾਂਹ ਮਿੱਤਰ ਹੈ(ਕਿਉਂਕਿ ਇਸ ਦੇ ਬਰਾਬਰ ਦਾ ਕੋਈ ਨਹੀਂ)। ਕੋਈ ਖ਼ੁਸ਼ੀ ਜਾਂ ਗ਼ਮੀ ਭੀ ਇਸ ਉਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ । (ਜਗਤ ਦੀ) ਹਰੇਕ ਸ਼ੈ ਇਸੇ ਦੀ ਹੀ ਪੈਦਾ ਕੀਤੀ ਹੋਈ ਹੈ, ਇਹ ਸਭ ਕੁਝ ਕਰਨ ਦੇ ਸਮਰੱਥ ਹੈ। ੨ ।

(ਹੇ ਭਾਈ ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ ਉਹ ਐਸਾ ਹੈ ਕਿ) ਇਸ ਦਾ ਨਾਂਹ ਕੋਈ ਪਿਉ ਹੈ, ਨਾਂਹ ਇਸ ਦੀ ਮਾਂ ਹੈ । ਇਹ ਤਾਂ ਪਰੇ ਤੋਂ ਪਰੇ ਹੈ, ਤੇ ਸਦਾ ਹੀ ਹੋਂਦ ਵਾਲਾ ਹੈ । ਪਾਪਾਂ ਅਤੇ ਪੁੰਨਾਂ ਦਾ ਭੀ ਇਸ ਉਤੇ ਕੋਈ ਅਸਰ ਨਹੀਂ ਪੈਂਦਾ ।

ਇਹ ਪ੍ਰਭੂ ਹਰੇਕ ਸਰੀਰ ਦੇ ਅੰਦਰ ਮੌਜੂਦ ਹੈ, ਅਤੇ ਸਦਾ ਹੀ ਸੁਚੇਤ ਰਹਿੰਦਾ ਹੈ। ੩।

(ਹੇ ਭਾਈ ! ਜੀਵਾਤਮਾ ਜਿਸ ਪਰਮਾਤਮਾ ਦਾ ਰੂਪ ਹੈ) ਇਹ ਬੜੀ ਡਾਢੀ ਮਾਇਆ ਉਸੇ ਦਾ ਹੀ ਪਰਛਾਵਾਂ ਹੈ, ਇਹ ਤਿੰਨਾਂ ਗੁਣਾਂ ਵਾਲੀ ਮਾਇਆ ਉਸੇ ਨੇ ਹੀ ਪੈਦਾ ਕੀਤੀ ਹੈ। ਉਸ ਪ੍ਰਭੂ ਨੂੰ (ਕੋਈ ਵਿਕਾਰ) ਛਲ ਨਹੀਂ ਸਕਦਾ, ਵਿੰਨ੍ਹ ਨਹੀਂ ਸਕਦਾ, ਉਸ ਦਾ ਭੇਤ ਨਹੀਂ ਪਾਇਆ ਜਾ ਸਕਦਾ, ਉਹ ਦਇਆ ਦਾ ਘਰ ਹੈ, ਉਹ ਦੀਨਾਂ ਉਤੇ ਸਦਾ ਦਇਆ ਕਰਨ ਵਾਲਾ ਹੈ, ਤੇ, ਦਇਆ ਦਾ ਸੋਮਾ ਹੈ। ਉਹ ਪ੍ਰਭੂ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ—ਇਹ ਭੇਤ ਲੱਭਿਆ ਨਹੀਂ ਜਾ ਸਕਦਾ। ਨਾਨਕ ਉਸ ਪ੍ਰਭੂ ਤੋਂ ਸਦਾ ਸਦਕੇ ਜਾਂਦਾ ਹੈ। ੪। ੧੯। ੨੧।

ਗੋਂਡ ਮਹਲਾ ੫ ॥ ਸੰਤਨ ਕੈ ਬਲਿਹਾਰੈ ਜਾਉ ॥ ਸੰਤਨ ਕੈ ਸੰਗਿ ਰਾਮ ਗੁਨ ਗਾਉ ॥ ਸੰਤ ਪ੍ਰਸਾਦਿ ਕਿਲਵਿਖ ਸਭਿ ਗਏ ॥ ਸੰਤ ਸਰਣਿ ਵਡਭਾਗੀ ਪਏ ॥੧॥ ਰਾਮੁ ਜਪਤ ਕਛੁ ਬਿਘਨੁ ਨ ਵਿਆਪੈ ॥ ਗੁਰ ਪ੍ਰਸਾਦਿ ਅਪੁਨਾ ਪ੍ਰਭੁ ਜਾਪੈ ॥ ੧ ॥ ਰਹਾਉ ॥ ਪਾਰਬ੍ਰਹਮੁ ਜਬ ਹੋਇ ਦਇਆਲ ॥ ਸਾਧੂ ਜਨ ਕੀ ਕਰੈ ਰਵਾਲ ॥ ਕਾਮੁ ਕ੍ਰੋਧੁ ਇਸੁ ਤਨ ਤੇ ਜਾਇ ॥ ਰਾਮ ਰਤਨੁ ਵਸੈ ਮਨਿ ਆਇ ॥੨॥ ਸਫਲੁ ਜਨਮੁ ਤਾਂ ਕਾ ਪਰਵਾਣੁ ॥ ਪਾਰਬ੍ਰਹਮੁ ਨਿਕਟਿ ਕਰਿ ਜਾਣੁ ॥ ਭਾਇ ਭਗਤਿ ਪ੍ਰਭ ਕੀਰਤਨਿ ਲਾਗੈ ॥ ਜਨਮ ਜਨਮ ਕਾ ਸੋਇਆ ਜਾਗੈ ॥੩॥ ਚਰਨ ਕਮਲ ਜਨ ਕਾ ਆਧਾਰੁ ॥ ਗੁਣ ਗੋਵਿੰਦ ਰਉ ਸਚੁ ਵਾਪਾਰੁ ॥ ਦਾਸ ਜਨਾ ਕੀ ਮਨਸਾ ਪੂਰਿ ॥ ਨਾਨਕ ਸੁਖੁ ਪਾਵੈ ਜਨ ਧੂਰਿ ॥੪॥੨੦॥੨੨॥੬॥੨੮॥ [ਪੰਨਾ ੮੬੯]

ਪਦ ਅਰਥ :—ਕੈ—ਤੋਂ। ਜੀਉ—ਜੀਉਂ, ਮੈਂ ਜਾਂਦਾ ਹਾਂ। ਬਲਿਹਾਰੈ—ਕੁਰਬਾਨ। ਕੈ ਸੰਗਿ—ਦੀ ਸੰਗਤਿ ਵਿਚ। ਗਾਉ—ਗਾਉਂ, ਮੈਂ ਗਾਂਦਾ ਹਾਂ। ਸੰਤ ਪ੍ਰਸਾਦਿ—ਸੰਤ ਜਨਾਂ ਦੀ ਕਿਰਪਾ ਨਾਲ। ਕਿਲਵਿਖ—ਪਾਪ। ਵਡਭਾਗੀ—ਵੱਡੇ ਭਾਗਾਂ ਵਾਲੇ ਬੰਦੇ। ੧।

ਜਪਤ—ਜਪਦਿਆਂ। ਬਿਘਨੁ—ਰੁਕਾਵਟ। ਨ ਵਿਆਪੈ—ਆਪਣਾ ਜ਼ੋਰ ਨਹੀਂ ਪਾ ਸਕਦਾ। ਜਾਪੈ—(ਹਰ ਥਾਂ ਵੱਸਦਾ) ਦਿੱਸ ਪੈਂਦਾ ਹੈ। ੧। ਰਹਾਉ।

ਦਇਆਲ—ਦਇਆਵਾਨ। ਸਾਧੂ ਜਨ—ਗੁਰੂ ਦੇ ਦੱਸੇ ਰਸਤੇ ਉਤੇ ਤੁਰਨ ਵਾਲੇ ਸੇਵਕ। ਰਵਾਲ—ਚਰਨ-ਧੂੜ। ਤਨ ਤੇ—ਸਰੀਰ ਤੋਂ। ਜਾਇ—ਚਲਾ ਜਾਂਦਾ ਹੈ। ਮਨਿ—ਮਨ ਵਿਚ। ਆਇ—ਆ ਕੇ। ੨।

ਸਫਲੁ—ਕਾਮਯਾਬ। ਪਰਵਾਣੁ—ਕਬੂਲ। ਤਾ ਕਾ—ਉਸ (ਮਨੁੱਖ) ਦਾ। ਨਿਕਟਿ—ਨੇੜੇ। ਕਰਿ—ਕਰ ਕੇ। ਨਿਕਟਿ ਕਰਿ—ਨੇੜੇ-ਵੱਸਦਾ। ਜਾਣੁ—ਸਮਝ ਲੈ। ਭਾਇ—ਪ੍ਰੇਮ

ਨਾਲ [ਭਾਉ–ਪ੍ਰੇਮ] । ਕੀਰਤਨਿ–ਕੀਰਤਨ ਵਿਚ । ਸੋਇਆ–ਸੁੱਤਾ ਹੋਇਆ, ਗ਼ਾਫ਼ਲ ਹੋਇਆ ਹੋਇਆ । ੩ ।

ਆਧਾਰੁ–ਆਸਰਾ । ਰੰਉ–ਰਵਉਂ, ਮੈਂ (ਭੀ) ਚੇਤੇ ਕਰਦਾ ਹਾਂ । ਸਚੁ–ਸਦਾ ਥਿਰ । ਮਨਸਾ–ਮਨ ਦੀ ਕਾਮਨਾ । ਪੂਰਿ–ਪੂਰੀ ਕਰਦਾ ਹੈ । ਜਨ ਧੂਰਿ–ਸੇਵਕਾਂ ਦੀ ਚਰਨ-ਧੂੜ ਵਿਚ । ੪ ।

ਅਰਥ :–ਹੇ ਭਾਈ ! ਗੁਰੂ ਦੀ ਕਿਰਪਾ ਨਾਲ ਪਿਆਰਾ ਪ੍ਰਭੂ (ਹਰ ਥਾਂ ਵੱਸਦਾ) ਦਿੱਸ ਪੈਂਦਾ ਹੈ, (ਇਸ ਵਾਸਤੇ) ਪ੍ਰਭੂ ਦਾ ਨਾਮ ਜਪਦਿਆਂ (ਕਿਸੇ ਕਿਸਮ ਦਾ) ਕੋਈ ਵਿਘਨ (ਨਾਮ ਜਪਣ ਵਾਲੇ ਉਤੇ ਆਪਣਾ) ਜ਼ੋਰ ਨਹੀਂ ਪਾ ਸਕਦਾ । ੧ । ਰਹਾਉ ।

(ਹੇ ਭਾਈ ! ਗੁਰੂ ਦੇ ਦੱਸੇ ਰਸਤੇ ਉਤੇ ਤੁਰਨ ਵਾਲੇ) ਸੰਤ ਜਨਾਂ ਤੋਂ ਮੈਂ ਕੁਰਬਾਨ ਜਾਂਦਾ ਹਾਂ, ਉਹਨਾਂ ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ ਮੈਂ (ਭੀ) ਪਰਮਾਤਮਾ ਦੇ ਗੁਣ ਗਾਂਦਾ ਹਾਂ । ਹੇ ਭਾਈ ! ਸੰਤ ਜਨਾਂ ਦੀ ਕਿਰਪਾ ਨਾਲ ਸਾਰੇ ਪਾਪ ਦੂਰ ਹੋ ਜਾਂਦੇ ਹਨ । ਵੱਡੇ ਭਾਗਾਂ ਵਾਲੇ ਬੰਦੇ (ਹੀ) ਸੰਤ ਜਨਾਂ ਦੀ ਸਰਨ ਪੈਂਦੇ ਹਨ । ੧ ।

ਹੇ ਭਾਈ ! ਪਰਮਾਤਮਾ ਜਦੋਂ (ਕਿਸੇ ਮਨੁੱਖ ਉੱਤੇ) ਦਇਆਵਾਨ ਹੁੰਦਾ ਹੈ, (ਤਾਂ ਉਸ ਮਨੁੱਖ ਨੂੰ) ਗੁਰੂ ਦੇ (ਦੱਸੇ ਰਾਹ ਉਤੇ ਤੁਰਨ ਵਾਲੇ) ਸੇਵਕਾਂ ਦੇ ਚਰਨਾਂ ਦੀ ਧੂੜ ਬਣਾਂਦਾ ਹੈ । ਪਰਮਾਤਮਾ ਦਾ ਅਮੋਲਕ ਨਾਮ ਉਸ ਮਨੁੱਖ ਦੇ ਮਨ ਵਿਚ ਆ ਵੱਸਦਾ ਹੈ, ਉਸ ਦੇ ਸਰੀਰ ਵਿਚੋਂ ਕਾਮ ਚਲਾ ਜਾਂਦਾ ਹੈ ਕ੍ਰੋਧ ਚਲਾ ਜਾਂਦਾ ਹੈ । ੨ ।

ਹੇ ਭਾਈ ! ਪਰਮਾਤਮਾ ਨੂੰ (ਹਰ ਵੇਲੇ ਆਪਣੇ) ਨੇੜੇ ਵੱਸਦਾ ਸਮਝ (ਜੇਹੜਾ ਮਨੁੱਖ ਪਰਮਾਤਮਾ ਨੂੰ ਆਪਣੇ ਨੇੜੇ ਵੱਸਦਾ ਸਮਝਦਾ ਹੈ) ਉਸ ਦੀ ਜ਼ਿੰਦਗੀ ਕਾਮਯਾਬ ਹੋ ਜਾਂਦੀ ਹੈ(ਪ੍ਰਭੂ-ਦਰ ਤੇ) ਕਬੂਲ ਪੈ ਜਾਂਦੀ ਹੈ । ਉਹ ਮਨੁੱਖ ਭਗਤੀ-ਭਾਵ ਨਾਲ ਪ੍ਰਭੂ ਦੀ ਸਿਫ਼ਤਿ ਸਾਲਾਹ ਵਿਚ ਲੱਗ ਪੈਂਦਾ ਹੈ, ਅਤੇ ਅਨੇਕਾਂ ਜਨਮਾਂ ਤੋਂ (ਮਾਇਆ ਦੀ ਘੂਕੀ ਵਿਚ) ਸੁੱਤਾ ਹੋਇਆ ਜਾਗ ਪੈਂਦਾ ਹੈ । ੩ ।

ਹੇ ਭਾਈ ! ਪਰਮਾਤਮਾ ਦੇ ਸੋਹਣੇ ਚਰਨ (ਗੁਰੂ ਦੇ ਦੱਸੇ ਰਸਤੇ ਉੱਤੇ ਤੁਰਨ ਵਾਲੇ)ਸੇਵਕਾਂ (ਦੀ ਜ਼ਿੰਦਗੀ) ਦਾ ਆਸਰਾ ਬਣ ਜਾਂਦੇ ਹਨ । ਮੈਂ ਭੀ (ਸੇਵਕਾਂ ਦੀ ਸੰਗਤਿ ਦੀ ਬਰਕਤਿ ਨਾਲ) ਪਰਮਾਤਮਾ ਦੇ ਗੁਣ ਗਾਂਦਾ ਹਾਂ, (ਇਸੇ ਉੱਦਮ ਨੂੰ ਜ਼ਿੰਦਗੀ ਦਾ) ਸਦਾ ਕਾਇਮ ਰਹਿਣ ਵਾਲਾ ਵਣਜ ਸਮਝਦਾ ਹਾਂ । ਹੇ ਨਾਨਕ ! ਪਰਮਾਤਮਾ ਆਪਣੇ ਸੇਵਕਾਂ ਦੇ ਮਨ ਦੀ ਕਾਮਨਾ ਪੂਰੀ ਕਰਦਾ ਹੈ । (ਪ੍ਰਭੂ ਦਾ ਸੇਵਕ) ਸੰਤ ਜਨਾਂ ਦੀ ਚਰਨ-ਧੂੜ ਵਿਚ ਆਤਮਕ ਆਨੰਦ ਪ੍ਰਾਪਤ ਕਰਦਾ ਹੈ ।੪।੨੦।੨੨।੬।੨੮।

ਅੰਕਾਂ ਦਾ ਵੇਰਵਾ--

ਨੰ: ੪–ਇਸ ਸ਼ਬਦ ਦੇ ਚਾਰ ਬੰਦ ਹਨ।
੨੦–ਮਹਲਾ ੫ ਦੇ 'ਘਰੁ ੨' ਦੇ ਸ਼ਬਦ।
੨੨–ਮਹਲਾ ੫ ਦੇ ਸਾਰੇ ਸ਼ਬਦ (ਘਰੁ ੧ ਦੇ ੨, ਘਰੁ ੨ ਦੇ ੨੦)।
੬–ਮਹਲਾ ੪ ਦੇ ਸ਼ਬਦ।
੨੯–ਕੁੱਲ ਜੋੜ (ਮਹਲਾ ੪ ਦੇ ੬, ਮਹਲਾ ੫ ਦੇ ੨੨)।

ਰਾਗੁ ਗੋਂਡ ਅਸਟਪਦੀਆ ਮਹਲਾ ੫ ਘਰੁ ੨

ੴ ਸਤਿਗੁਰਪ੍ਰਸਾਦਿ ॥ ਕਰਿ ਨਮਸਕਾਰ ਪੂਰੇ ਗੁਰਦੇਵ ॥ ਸਫਲ ਮੂਰਤਿ ਸਫਲ ਜਾ ਕੀ ਸੇਵ ॥ ਅੰਤਰਜਾਮੀ ਪੁਰਖੁ ਬਿਧਾਤਾ ॥ ਆਠ ਪਹਰ ਨਾਮ ਰੰਗਿ ਰਾਤਾ ॥ ੧ ॥ਗੁਰੁ ਗੋਬਿੰਦ ਗੁਰੂ ਗੋਪਾਲ ॥ ਅਪਨੇ ਦਾਸ ਕਉ ਰਾਖਨਹਾਰ ॥ ੧ ॥ ਰਹਾਉ ॥ ਪਾਤਿਸਾਹ ਸਾਹ ਉਮਰਾਉ ਪਤੀਆਏ ॥ ਦੁਸਟ ਅਹੰਕਾਰੀ ਮਾਰਿ ਪਚਾਏ ॥ ਨਿੰਦਕ ਕੈ ਮੁਖਿ ਕੀਨੋ ਰੋਗੁ ॥ ਜੈ ਜੈਕਾਰੁ ਕਰੈ ਸਭੁ ਲੋਗੁ ॥ ੨ ॥ ਸੰਤਨ ਕੈ ਮਨਿ ਮਹਾ ਅਨੰਦੁ ॥ ਸੰਤ ਜਪਹਿ ਗੁਰਦੇਉ ਭਗਵੰਤੁ ॥ ਸੰਗਤਿ ਕੇ ਮੁਖ ਊਜਲ ਭਏ ॥ ਸਗਲ ਥਾਨ ਨਿੰਦਕ ਕੇ ਗਏ ॥ ੩ ॥ ਸਾਸਿ ਸਾਸਿ ਜਨੁ ਸਦਾ ਸਲਾਹੇ ॥ ਪਾਰਬ੍ਰਹਮ ਗੁਰ ਬੇਪਰਵਾਹੇ ॥ ਸਗਲ ਭੈ ਮਿਟੇ ਜਾ ਕੀ ਸਰਨਿ ॥ ਨਿੰਦਕ ਮਾਰਿ ਪਾਏ ਸਭਿ ਧਰਨਿ ॥ ੪ ॥ ਜਨ ਕੀ ਨਿੰਦਾ ਕਰੈ ਨ ਕੋਇ ॥ ਜੋ ਕਰੈ ਸੋ ਦੁਖੀਆ ਹੋਇ ॥ ਆਠ ਪਹਰ ਜਨੁ ਏਕੁ ਧਿਆਏ ॥ ਜਮੂਆ ਤਾ ਕੈ ਨਿਕਟਿ ਨ ਜਾਏ ॥ ੫ ॥ ਜਨ ਨਿਰਵੈਰ ਨਿੰਦਕ ਅਹੰਕਾਰੀ ॥ ਜਨ ਭਲ ਮਾਨਹਿ ਨਿੰਦਕ ਵੇਕਾਰੀ ॥ ਗੁਰ ਕੈ ਸਿਖਿ ਸਤਿਗੁਰੂ ਧਿਆਇਆ ॥ ਜਨ ਉਬਰੇ ਨਿੰਦਕ ਨਰਕਿ ਪਾਇਆ ॥ ੬ ॥ ਸੁਣਿ ਸਾਜਨ ਮੇਰੇ ਮੀਤ ਪਿਆਰੇ ॥ ਸਤਿ ਬਚਨ ਵਰਤਹਿ ਹਰਿ ਦੁਆਰੇ ॥ਜੈਸਾ ਕਰੇ ਸੁ ਤੈਸਾ ਪਾਏ ॥ਅਭਿਮਾਨੀ ਕੀ ਜੜ ਸਰਪਰ ਜਾਏ ॥ ੭ ॥ ਨੀਧਰਿਆ ਸਤਿਗੁਰ ਧਰ ਤੇਰੀ ॥ ਕਰਿ ਕਿਰਪਾ ਰਾਖਹੁ ਜਨ ਕੇਰੀ ॥ ਕਹੁ ਨਾਨਕ ਤਿਸੁ ਗੁਰ ਬਲਿਹਾਰੀ ॥ ਜਾ ਕੈ ਸਿਮਰਨਿ ਪੈਜ ਸਵਾਰੀ ॥ ੮ ॥ ੧ ॥ ੨੯ ॥ [ਪੰਨਾ ੮੬੯]

ਪਦ ਅਰਥ :–ਕਰਿ ਨਮਸਕਾਰ–ਸਿਰ ਨਿਵਾਇਆ ਕਰ। ਸਫਲ–ਫਲ ਦੇਣ ਵਾਲੀ, ਜੀਵਨ-ਮਨੋਰਥ ਪੂਰਾ ਕਰਨ ਵਾਲੀ। ਸਫਲ ਮੂਰਤਿ–ਉਹ ਗੁਰੂ ਜਿਸ ਦਾ ਦਰਸ਼ਨ ਜੀਵਨ-ਮਨੋਰਥ ਪੂਰਾ ਕਰਦਾ ਹੈ। ਜਾ ਕੀ–ਜਿਸ (ਗੁਰੂ) ਦੀ। ਸੇਵ–ਸੇਵਾ,

ਸਰਨ । ਅੰਤਰਜਾਮੀ–ਹਰੇਕ ਦੇ ਦਿਲ ਦੀ ਜਾਣਨ ਵਾਲਾ (ਪ੍ਰਭੂ) । ਪੁਰਖੁ–ਸਰਬ-ਵਿਆਪਕ । ਬਿਧਾਤਾ–ਪੈਦਾ ਕਰਨ ਵਾਲਾ । ਨਾਮ ਰੰਗਿ–(ਪ੍ਰਭੂ ਦੇ) ਨਾਮ ਦੇ ਰੰਗ ਵਿਚ । ਰਾਤਾ–ਰੰਗਿਆ ਹੋਇਆ । ੧ ।

ਕਉ–ਨੂੰ । ਰਾਖਨਹਾਰ–ਬਚਾਣ ਵਾਲਾ । ੧ । ਰਹਾਉ ।

ਉਮਰਾਉ–ਅਮੀਰ । ਪਤੀਆਏ–ਤਸੱਲੀ ਕਰ ਦੇਂਦਾ ਹੈ, ਪ੍ਰੀਤ ਬਣਾ ਦੇਂਦਾ ਹੈ । ਦੁਸਟ–ਭੈੜੇ । ਮਾਰਿ–ਆਤਮਕ ਮੌਤੇ ਮਾਰ ਕੇ । ਪਚਾਏ–ਖ਼ੁਆਰ ਕਰਦਾ ਹੈ। ਕੈ ਮੁਖਿ–ਦੇ ਮੂੰਹ ਵਿਚ । ਰੋਗੁ–(ਨਿੰਦਾ ਦੀ) ਬੀਮਾਰੀ । ਜੈ ਜੈਕਾਰੁ–(ਹਰ ਵੇਲੇ) ਸੋਭਾ । ਸਭੁ ਲੋਗੁ–ਸਾਰਾ ਜਗਤ । ੨ ।

ਕੈ ਮਨਿ–ਦੇ ਮਨ ਵਿਚ । ਜਪਹਿ–ਜਪਦੇ ਹਨ । ਭਗਵੰਤੁ–ਭਾਗਾਂ ਵਾਲਾ । ਸੰਗਤਿ ਕੇ ਮੁਖ–ਗੁਰੂ ਦੇ ਪਾਸ ਰਹਿਣ ਵਾਲੇ ਸੇਵਕਾਂ ਦੇ ਮੂੰਹ । ਊਜਲ–ਰੌਸ਼ਨ । ੩ ।

ਸਾਸਿ ਸਾਸਿ–ਹਰੇਕ ਸਾਹ ਦੇ ਨਾਲ । ਸਲਾਹੇ–ਵਡਿਆਈ ਕਰਦਾ ਹੈ । ਬੇਪਰਵਾਹ–ਬੇ-ਮੁਥਾਜ । ਭੈ–[ਲਫ਼ਜ਼ 'ਭਉ' ਤੋਂ ਬਹੁ ਵਚਨ] । ਜਾ ਕੀ–ਜਿਸ (ਗੁਰੂ) ਦੀ । ਸਭਿ–ਸਾਰੇ । ਪਾਇ ਧਰਨਿ–ਧਰਤੀ ਉਤੇ ਪਾ ਦੇਂਦਾ ਹੈ, ਨੀਵੇਂ ਆਚਰਨ ਦੇ ਟੋਏ ਵਿਚ ਸੁੱਟ ਦੇਂਦਾ ਹੈ । ਮਾਰਿ–ਮਾਰ ਕੇ, ਦੁਰਕਾਰ ਕੇ । ੪ ।

ਕੋਇ–ਕੋਈ ਭੀ ਮਨੁੱਖ । ਜਨੁ–ਪ੍ਰਭੂ ਦਾ ਸੇਵਕ । ਏਕੁ–ਇਕ ਪ੍ਰਭੂ ਨੂੰ । ਤਾ ਕੈ ਨਿਕਟਿ–ਉਸ ਦੇ ਨੇੜੇ । ੫ ।

ਜਨ–ਪ੍ਰਭੂ ਦੇ ਸੇਵਕ [ਲਫ਼ਜ਼ 'ਜਨੁ' ਅਤੇ 'ਜਨ' ਦਾ ਫ਼ਰਕ ਵੇਖੋ] । ਭਲ ਮਾਨਹਿ–ਸਭ ਦਾ ਭਲਾ ਮੰਗਦੇ ਹਨ । ਵੇਕਾਰੀ–ਵਿਕਾਰਾਂ ਵਿਚ ਮੰਦਾ ਚਿਤਵਨ ਦੇ ਕੁਕਰਮਾਂ ਵਿਚ । ਕੈ ਸਿਖਿ–ਦੇ ਸਿੱਖ ਨੇ । ਉਬਰੇ–ਬਚ ਜਾਂਦੇ ਹਨ । ਨਰਕਿ–ਨਰਕ ਵਿਚ । ੬ ।

ਸਾਜਨ–ਹੇ ਸੱਜਣ ! ਸਤਿ–[ਸਤ੍ਯ] ਅਟੱਲ, ਸਦਾ ਕਾਇਮ ਰਹਿਣ ਵਾਲਾ । ਵਰਤਹਿ–ਵਰਤਦੇ ਹਨ, ਵਾਪਰਦੇ ਹਨ ।ਦੁਆਰੈ–ਦੁਆਰਿ,ਦਰ ਤੇ । ਸੁ–ਉਹ (ਮਨੁੱਖ)। ਸਰਪਰ–ਜ਼ਰੂਰ । ੭ ।

ਨੀਧਰਿਆ–ਨਿਆਸਰਿਆਂ ਨੂੰ । ਧਰ–ਆਸਰਾ। ਸਤਿਗੁਰ–ਹੇ ਗੁਰੂ ! ਰਾਖਹੁ–ਤੂੰ ਰੱਖਦਾ ਹੈਂ । ਕੇਰੀ–ਦੀ । ਕੈ ਸਿਮਰਨਿ–ਦੇ ਸਿਮਰਨ ਨੇ । ਪੈਜ–ਲਾਜ । ੮ ।

ਅਰਥ :–ਹੇ ਭਾਈ ! ਗੁਰੂ ਗੋਬਿੰਦ (ਦਾ ਰੂਪ) ਹੈ, ਗੁਰੂ ਗੋਪਾਲ (ਦਾ ਰੂਪ) ਹੈ, ਜੋ ਆਪਣੇ ਸੇਵਕ ਨੂੰ (ਨਿੰਦਾ ਆਦਿਕ ਵਿਕਾਰਾਂ ਤੋਂ) ਬਚਾਣ-ਜੋਗਾ ਹੈ । ੧ । ਰਹਾਉ ।

ਹੇ ਭਾਈ ! ਪੂਰੇ ਸਤਿਗੁਰੂ ਅੱਗੇ ਸਦਾ ਸਿਰ ਨਿਵਾਇਆ ਕਰ, ਉਸ ਦਾ ਦਰਸ਼ਨ ਜੀਵਨ-ਮਨੋਰਥ ਪੂਰਾ ਕਰਦਾ ਹੈ, ਉਸ ਦੀ ਸਰਨ ਪਿਆਂ ਜੀਵਨ ਸਫਲ ਹੋ ਜਾਂਦਾ ਹੈ।

ਹੇ ਭਾਈ ! ਗੁਰੂ ਉਸ ਪ੍ਰਭੂ ਦੇ ਨਾਮ ਦੇ ਰੰਗ ਵਿਚ ਰੰਗਿਆ ਰਹਿੰਦਾ ਹੈ ਜੇਹੜਾ ਹਰੇਕ ਦੇ ਦਿਲ ਦੀ ਜਾਣਨ ਵਾਲਾ ਹੈ,ਜੇਹੜਾ ਸਭ ਵਿਚ ਵਿਆਪਕ ਹੈ ਅਤੇ ਜੇਹੜਾ ਸਭ ਦਾ ਪੈਦਾ ਕਰਨ ਵਾਲਾ ਹੈ । ੧ ।

ਹੇ ਭਾਈ ! ਗੁਰੂ ਜਿਨ੍ਹਾਂ ਮਨੁੱਖਾਂ ਦੇ ਅੰਦਰ ਪਰਮਾਤਮਾ ਦਾ ਪਿਆਰ ਪੱਕਾ ਕਰ ਦੇਂਦਾ ਹੈ ਉਹ ਆਤਮਕ ਮੰਡਲ ਵਿਚ ਸ਼ਾਹ ਪਾਤਿਸ਼ਾਹ ਤੇ ਅਮੀਰ ਬਣ ਜਾਂਦੇ ਹਨ । ਦੁਸ਼ਟਾਂ ਅਹੰਕਾਰੀਆਂ ਨੂੰ (ਆਪਣੇ ਦਰ ਤੋਂ) ਦੁਰਕਾਰ ਕੇ ਦਰ ਦਰ ਭਟਕਣ ਦੇ ਰਾਹੇ ਪਾ ਦੇਂਦਾ ਹੈ । (ਸੇਵਕ ਦੀ) ਨਿੰਦਾ ਕਰਨ ਵਾਲੇ ਮਨੁੱਖ ਦੇ ਮੂੰਹ ਵਿਚ (ਨਿੰਦਾ ਕਰਨ ਦੀ) ਬੀਮਾਰੀ ਹੀ ਬਣ ਜਾਂਦੀ ਹੈ, ਸਾਰਾ ਜਗਤ (ਉਸ ਮਨੁੱਖ ਦੀ) ਸਦਾ ਸੋਭਾ ਕਰਦਾ ਹੈ (ਜੋ ਗੁਰੂ ਦੀ ਸਰਨ ਪਿਆ ਰਹਿੰਦਾ ਹੈ) । ੨ ।

ਹੇ ਭਾਈ ! (ਜੇਹੜੇ ਮਨੁੱਖ ਗੁਰੂ ਦੀ ਸਰਨ ਪਏ ਰਹਿੰਦੇ ਹਨ, ਉਹਨਾਂ) ਸੰਤ ਜਨਾਂ ਦੇ ਮਨ ਵਿਚ ਬੜਾ ਆਤਮਕ ਆਨੰਦ ਬਣਿਆ ਰਹਿੰਦਾ ਹੈ, ਸੰਤ ਜਨ ਗੁਰੂ ਨੂੰ ਭਗਵਾਨ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ । ਗੁਰੂ ਦੇ ਪਾਸ ਰਹਿਣ ਵਾਲੇ ਸੇਵਕਾਂ ਦੇ ਮੂੰਹ (ਲੋਕ ਪਰਲੋਕ ਵਿਚ) ਰੌਸ਼ਨ ਹੋ ਜਾਂਦੇ ਹਨ । ਪਰ ਨਿੰਦਾ ਕਰਨ ਵਾਲੇ ਮਨੁੱਖ ਦੇ (ਲੋਕ ਪਰਲੋਕ) ਸਾਰੇ ਹੀ ਥਾਂ ਹੱਥੋਂ ਚਲੇ ਜਾਂਦੇ ਹਨ । ੩ ।

(ਹੇ ਭਾਈ ! ਗੁਰੂ ਦੀ ਸਰਨ ਪੈਣ ਵਾਲਾ) ਸੇਵਕ ਆਪਣੇ ਹਰੇਕ ਸਾਹ ਦੇ ਨਾਲ ਪਰਮਾਤਮਾ ਅਤੇ ਬੇ-ਮੁਥਾਜ ਗੁਰੂ ਦੀ ਸਿਫ਼ਤਿ ਸਾਲਾਹ ਕਰਦਾ ਰਹਿੰਦਾ ਹੈ । ਹੇ ਭਾਈ ! ਜਿਸ ਗੁਰੂ ਦੀ ਸਰਨ ਪਿਆਂ ਸਾਰੇ ਡਰ-ਸਹਮ ਦੂਰ ਹੋ ਜਾਂਦੇ ਹਨ, ਉਹ ਗੁਰੂ ਸੇਵਕਾਂ ਦੀ ਨਿੰਦਾ ਕਰਨ ਵਾਲੇ ਬੰਦਿਆਂ ਨੂੰ (ਆਪਣੇ ਦਰ ਤੋਂ) ਦੁਰਕਾਰ ਕੇ ਨੀਵੇਂ ਆਚਰਨ ਦੇ ਟੋਏ ਵਿਚ ਸੁੱਟ ਦੇਂਦਾ ਹੈ (ਭਾਵ, ਨਿੰਦਕਾਂ ਨੂੰ ਗੁਰੂ ਦਾ ਦਰ ਪਸੰਦ ਨਹੀਂ ਆਉਂਦਾ । ਸਿੱਟਾ ਇਹ ਨਿਕਲਦਾ ਹੈ ਕਿ ਗੁਰੂ-ਦਰ ਤੋਂ ਖੁੰਝ ਕੇ ਨਿੰਦਾ ਵਿਚ ਪੈ ਕੇ ਉਹ ਆਚਰਨ ਵਿਚ ਹੋਰ ਨੀਵੇਂ ਹੋਰ ਨੀਵੇਂ ਹੁੰਦੇ ਜਾਂਦੇ ਹਨ) । ੪ ।

(ਇਸ ਵਾਸਤੇ, ਹੇ ਭਾਈ !) ਗੁਰੂ ਦੇ ਸੇਵਕ ਦੀ ਨਿੰਦਾ ਕਿਸੇ ਭੀ ਮਨੁੱਖ ਨੂੰ ਕਰਨੀ ਨਹੀਂ ਚਾਹੀਦੀ । ਜੇਹੜਾ ਭੀ ਮਨੁੱਖ (ਭਲਿਆਂ ਦੀ ਨਿੰਦਾ) ਕਰਦਾ ਹੈ ਉਹ ਆਪ ਦੁੱਖੀ ਰਹਿੰਦਾ ਹੈ । ਗੁਰੂ ਦਾ ਸੇਵਕ ਤਾਂ ਹਰ ਵੇਲੇ ਇਕ ਪਰਮਾਤਮਾ ਦਾ ਧਿਆਨ ਧਰੀ ਰੱਖਦਾ ਹੈ, ਜਮ-ਰਾਜ ਭੀ ਉਸ ਦੇ ਨੇੜੇ ਨਹੀਂ ਢੁਕਦਾ । ੫ ।

ਹੇ ਭਾਈ ! ਗੁਰੂ ਦੇ ਸੇਵਕ ਕਿਸੇ ਨਾਲ ਵੈਰ ਨਹੀਂ ਰੱਖਦੇ,ਪਰ ਉਹਨਾਂ ਦੀ ਨਿੰਦਾ ਕਰਨ ਵਾਲੇ ਮਨੁੱਖ ਅਹੰਕਾਰ ਵਿਚ ਡੁੱਬੇ ਰਹਿੰਦੇ ਹਨ । ਸੇਵਕ ਤਾਂ ਸਭ ਦਾ ਭਲਾ ਮੰਗਦੇ ਹਨ, ਨਿੰਦਾ ਕਰਨ ਵਾਲੇ ਮਨੁੱਖ ਉਹਨਾਂ ਦਾ ਮੰਦਾ ਚਿਤਵਨ ਦੇ ਕੁਕਰਮਾਂ ਵਿਚ ਫਸੇ ਰਹਿੰਦੇ ਹਨ । ਹੇ ਭਾਈ ! ਗੁਰੂ ਦੇ ਸਿੱਖ ਨੇ ਤਾਂ ਸਦਾ ਆਪਣੇ ਗੁਰੂ (ਦੇ ਚਰਨਾਂ) ਵਿਚ

ਸੁਰਤਿ ਜੋੜੀ ਹੁੰਦੀ ਹੈ। (ਇਸ ਵਾਸਤੇ) ਸੇਵਕ ਤਾਂ (ਨਿੰਦਾ ਆਦਿਕ ਦੇ ਨਰਕ ਵਿਚੋਂ) ਬਚ ਨਿਕਲਦੇ ਹਨ, ਪਰ ਨਿੰਦਕ (ਆਪਣੇ ਆਪ ਨੂੰ ਇਸ) ਨਰਕ ਵਿਚ ਪਾਈ ਰੱਖਦੇ ਹਨ। ੬।

ਹੇ ਮੇਰੇ ਸੱਜਣ! ਹੇ ਪਿਆਰੇ ਮਿੱਤਰ! ਸੁਣ (ਮੈਂ ਤੈਨੂੰ ਉਹ) ਅਟੱਲ ਨਿਯਮ (ਦੱਸਦਾ ਹਾਂ ਜੋ) ਪਰਮਾਤਮਾ ਦੇ ਦਰ ਤੇ (ਸਦਾ) ਵਾਪਰਦੇ ਹਨ। (ਉਹ ਅਟੱਲ ਨਿਯਮ ਇਹ ਹਨ ਕਿ) ਮਨੁੱਖ ਜਿਹੋ ਜਿਹਾ ਕਰਮ ਕਰਦਾ ਹੈ ਉਹੋ ਜਿਹਾ ਫਲ ਪਾ ਲੈਂਦਾ ਹੈ। ਅਹੰਕਾਰੀ ਮਨੁੱਖ ਦੀ ਜੜ੍ਹ ਜ਼ਰੂਰ (ਵੱਢੀ) ਜਾਂਦੀ ਹੈ। ੭।

ਹੇ ਸਤਿਗੁਰੂ! ਨਿਆਸਰੇ ਬੰਦਿਆਂ ਨੂੰ ਤੇਰਾ ਹੀ ਆਸਰਾ ਹੈ। ਤੂੰ ਮੇਹਰ ਕਰ ਕੇ ਆਪਣੇ ਸੇਵਕਾਂ ਦੀ ਲਾਜ ਆਪ ਰੱਖਦਾ ਹੈਂ। ਹੇ ਨਾਨਕ! ਆਖ—ਮੈਂ ਉਸ ਗੁਰੂ ਤੋਂ ਸਦਕੇ ਜਾਂਦਾ ਹਾਂ ਜਿਸ ਦੀ ਓਟ ਚਿਤਾਰਨ ਨੇ ਮੇਰੀ ਇੱਜ਼ਤ ਰੱਖ ਲਈ (ਤੇ, ਮੈਨੂੰ ਨਿੰਦਾ ਆਦਿਕ ਤੋਂ ਬਚਾ ਰੱਖਿਆ)। ੮। ੧। ੨੯।

ਨੋਟ—ਇਹ ਇੱਕੋ ਹੀ ਅਸਟਪਦੀ ਹੈ, ਪਰ ਸਿਰਲੇਖ ਵਿਚ ਲਫ਼ਜ਼ 'ਅਸਟਪਦੀਆ' (ਬਹੁ ਵਚਨ) ਦਰਜ ਹੈ।

--o--

ੴ ਸਤਿਗੁਰ ਪ੍ਰਸਾਦਿ ॥

ਰਾਗੁ ਗੋਂਡ ਬਾਣੀ ਭਗਤਾ ਕੀ ॥ ਕਬੀਰ ਜੀ ਘਰੁ ੧

ਸੰਤੁ ਮਿਲੈ, ਕਿਛੁ ਸੁਨੀਐ ਕਹੀਐ ॥ ਮਿਲੈ ਅਸੰਤੁ, ਮਸਟਿ ਕਰਿ ਰਹੀਐ ॥ ੧ ॥ ਬਾਬਾ, ਬੋਲਨਾ ਕਿਆ ਕਹੀਐ ॥ ਜੈਸੇ ਰਾਮ ਨਾਮ ਰਵਿ ਰਹੀਐ ॥ ੧ ॥ ਰਹਾਉ ॥ ਸੰਤਨ ਸਿਉ ਬੋਲੇ ਉਪਕਾਰੀ ॥ ਮੂਰਖ ਸਿਉ ਬੋਲੇ ਝਖ ਮਾਰੀ ॥੨॥ ਬੋਲਤ ਬੋਲਤ ਬਢਹਿ ਬਿਕਾਰਾ ॥ ਬਿਨੁ ਬੋਲੇ, ਕਿਆ ਕਰਹਿ ਬਿਚਾਰਾ ॥ ੩ ॥ ਕਹੁ ਕਬੀਰ, ਛੂਛਾ ਘਟੁ ਬੋਲੈ ॥ ਭਰਿਆ ਹੋਇ ਸੁ ਕਬਹੁ ਨ ਡੋਲੈ ॥ ੪ ॥ ੧ ॥ [ਪੰਨਾ ੮੭੦]

ਪਦ ਅਰਥ :–ਅਸੰਤੁ–ਅ-ਸੰਤੁ, ਜੋ ਸੰਤ ਨਹੀਂ, ਮੰਦਾ ਮਨੁੱਖ । ਮਸਟਿ–ਚੁੱਪ । ੧ ।

ਕਿਆ ਬੋਲਨਾ–ਕਿਹੋ ਜਿਹੀ ਗੱਲ-ਬਾਤ ? ਜੈਸੇ–ਜਿਸ ਦਾ ਸਦਕਾ । ਰਵਿ ਰਹੀਐ–ਜੁੜੇ ਰਹੀਏ । ੧ । ਰਹਾਉ ।

ਬੋਲੇ–ਬੋਲਿਆਂ । ਉਪਕਾਰੀ–ਭਲਾਈ ਦੀ ਗੱਲ । ਝਖ ਮਾਰੀ–ਵਿਅਰਥ ਖਪ-ਖਪਾ । ੨ ।

ਬੋਲਤ–(ਅਸੰਤ ਨਾਲ) ਬੋਲਦਿਆਂ । ਬਢਹਿ–ਵਧਦੇ ਹਨ । ਬਿਨੁ ਬੋਲੇ–ਜੇ (ਸੰਤ ਨਾਲ ਭੀ) ਨਾਂਹ ਬੋਲੀਏ । ਬਿਚਾਰਾ–ਵਿਚਾਰ ਦੀ ਗੱਲ । ੩ ।

ਛੂਛਾ–(ਗੁਣਾਂ ਤੋਂ) ਸੱਖਣਾ । ਬੋਲੈ–ਬਹੁਤੀਆਂ ਫ਼ਾਲਤੂ ਗੱਲਾਂ ਕਰਦਾ ਹੈ । ਭਰਿਆ–ਜੋ ਗੁਣਵਾਨ ਹੈ । ੪ ।

ਅਰਥ :–ਹੇ ਭਾਈ ! (ਜਗਤ ਵਿਚ ਰਹਿੰਦਿਆਂ) ਕਿਹੋ ਜਿਹੇ ਬੋਲ ਬੋਲੀਏ, ਜਿਨ੍ਹਾਂ ਦੀ ਬਰਕਤਿ ਨਾਲ ਪਰਮਾਤਮਾ ਦੇ ਨਾਮ ਵਿਚ ਸੁਰਤ ਟਿਕੀ ਰਹੇ ? ਰਹਾਉ ।

[ਨੋਟ–ਬਾਕੀ ਦੇ ਸਾਰੇ ਸ਼ਬਦ ਵਿਚ ਇਸ ਪ੍ਰਸ਼ਨ ਦਾ ਉੱਤਰ ਹੈ ।]

ਜੇ ਕੋਈ ਭਲਾ ਮਨੁੱਖ ਮਿਲ ਪਵੇ ਤਾਂ (ਉਸ ਦੀ ਸਿੱਖਿਆ) ਸੁਣਨੀ ਚਾਹੀਦੀ ਹੈ, ਤੇ (ਜੀਵਨ ਦੇ ਰਾਹ ਦੀਆਂ ਗੁੰਝਲਾਂ) ਪੁੱਛਣੀਆਂ ਚਾਹੀਦੀਆਂ ਹਨ । ਪਰ ਜੇ ਕੋਈ ਭੈੜਾ ਬੰਦਾ ਮਿਲ ਪਏ, ਤਾਂ ਉੱਥੇ ਚੁੱਪ ਰਹਿਣਾ ਹੀ ਠੀਕ ਹੈ । ੧ ।

(ਕਿਉਂਕਿ) ਭਲਿਆਂ ਨਾਲ ਗੱਲ ਕੀਤਿਆਂ ਕੋਈ ਭਲਾਈ ਦੀ ਗੱਲ ਨਿਕਲੇਗੀ, ਤੇ ਮੂਰਖ ਨਾਲ ਬੋਲਿਆਂ ਵਿਅਰਥ ਖਪ-ਖਪਾ ਹੀ ਹੋਵੇਗਾ । ੨ ।

(ਫਿਰ) ਜਿਉਂ ਜਿਉਂ (ਮੂਰਖ ਨਾਲ) ਗੱਲਾਂ ਕਰੀਏ (ਉਸ ਦੇ ਕੁਸੰਗ ਵਿਚ) ਵਿਕਾਰ ਹੀ ਵਿਕਾਰ ਵਧਦੇ ਹਨ; (ਪਰ ਇਸ ਦਾ ਭਾਵ ਇਹ ਨਹੀਂ ਕਿ ਕਿਸੇ ਨਾਲ ਭੀ ਬਹਿਣਾ-ਖਲੋਣਾ ਨਹੀਂ ਚਾਹੀਦਾ)। ਜੇ ਭਲੇ ਮਨੁੱਖਾਂ ਨਾਲ ਭੀ ਨਹੀਂ ਬੋਲਾਂਗੇ, (ਭਾਵ, ਜੇ ਭਲਿਆਂ ਪਾਸ ਭੀ ਨਹੀਂ ਬੈਠਾਂਗੇ) ਤਾਂ ਵਿਚਾਰ ਦੀਆਂ ਗੱਲਾਂ ਕਿਵੇਂ ਕਰ ਸਕਦੇ ਹਾਂ? । ੩ ।

ਹੇ ਕਬੀਰ! ਸੱਚੀ ਗੱਲ ਇਹ ਹੈ ਕਿ (ਜਿਵੇਂ) ਖ਼ਾਲੀ ਘੜਾ ਬੋਲਦਾ ਹੈ, ਜੇ ਉਹ (ਪਾਣੀ ਨਾਲ) ਭਰਿਆ ਹੋਇਆ ਹੋਵੇ ਤਾਂ ਉਹ ਕਦੇ ਡੋਲਦਾ ਨਹੀਂ (ਇਸੇ ਤਰ੍ਹਾਂ ਬਹੁਤੀਆਂ ਫ਼ਾਲਤੂ ਗੱਲਾਂ ਗੁਣ-ਹੀਨ ਮਨੁੱਖ ਹੀ ਕਰਦਾ ਹੈ। ਜੋ ਗੁਣਵਾਨ ਹੈ ਉਹ ਅਡੋਲ ਰਹਿੰਦਾ ਹੈ। ਸੋ, ਜਗਤ ਵਿਚ ਕੋਈ ਐਸਾ ਉੱਦਮ ਕਰੀਏ, ਜਿਸ ਨਾਲ ਗੁਣ ਗ੍ਰਹਿਣ ਕਰ ਸਕੀਏ, ਤੇ ਇਹ ਗੁਣ ਮਿਲ ਸਕਦੇ ਹਨ ਭਲਿਆਂ ਪਾਸੋਂ ਹੀ) ।੪।੧।

ਸ਼ਬਦ ਦਾ ਭਾਵ :—ਭਲਿਆਂ ਦੀ ਸੰਗਤ ਵਿਚ ਰਿਹਾਂ ਭਲਾਈ ਸਿੱਖੀਦੀ ਹੈ, ਤੇ ਪਰਮਾਤਮਾ ਵਾਲੇ ਪਾਸੇ ਦੀ ਲਗਨ ਬਣੀ ਰਹਿੰਦੀ ਹੈ। ਪਰ ਜੇ ਭੈੜਿਆਂ ਦੇ ਬਹਿਣੇ ਬੈਠੀਏ, ਤਾਂ ਇਕ ਤਾਂ ਉੱਥੇ ਵਿਅਰਥ ਖਪ-ਖਪਾ ਹੀ ਹੋਵੇਗਾ, ਦੂਜੇ ਵਿਕਾਰਾਂ ਵਲ ਰੁਚੀ ਬਣ ਜਾਣ ਦਾ ਖ਼ਤਰਾ ਰਹਿੰਦਾ ਹੈ।

ਗੋਂਡ ॥ ਨਰੂ ਮਰੈ, ਨਰੁ ਕਾਮਿ ਨ ਆਵੈ ॥ ਪਸੂ ਮਰੈ, ਦਸ ਕਾਜ ਸਵਾਰੈ ॥ ੧ ॥ ਅਪਨੇ ਕਰਮ ਕੀ ਗਤਿ, ਮੈ ਕਿਆ ਜਾਨਉ ॥ ਮੈ ਕਿਆ ਜਾਨਉ, ਬਾਬਾ ਰੇ ॥ ੧ ॥ ਰਹਾਉ ॥ ਹਾਡ ਜਲੇ, ਜੈਸੇ ਲਕਰੀ ਕਾ ਤੂਲਾ ॥ ਕੇਸ ਜਲੇ, ਜੈਸੇ ਘਾਸ ਕਾ ਪੂਲਾ ॥੨॥ ਕਹੁ ਕਬੀਰ, ਤਬ ਹੀ ਨਰੁ ਜਾਗੈ ॥ ਜਮ ਕਾ ਡੰਡੁ ਮੂੰਡ ਮਹਿ ਲਾਗੈ ॥੩॥੨॥ [ਪੰਨਾ ੮੭੦]

ਪਦ ਅਰਥ :—ਨਰੂ—ਮਨੁੱਖ। ਦਸ ਕਾਜ—ਕਈ ਕੰਮ। ੧।

ਕਰਮ ਕੀ ਗਤਿ—ਜੋ ਕਰਮ ਮੈਂ ਕਰ ਰਿਹਾ ਹਾਂ ਉਹਨਾਂ ਦੀ ਹਾਲਤ, ਜੋ ਕੰਮ ਮੈਂ ਕਰੀ ਜਾ ਰਿਹਾ ਹਾਂ ਉਹਨਾਂ ਦੀ ਚੰਗਿਆਈ। ਮੈ ਕਿਆ ਜਾਨਉ—ਮੈਂ ਕੀਹ ਜਾਣਾਂ? ਮੈਨੂੰ ਕੀਹ ਪਤਾ? ਮੈਨੂੰ ਸਮਝ ਨਹੀਂ ਆਉਂਦੀ। ਅਪਨੇ.....ਜਾਨਉ—ਜੋ ਕੰਮ ਮੈਂ ਨਿੱਤ ਕਰੀ ਜਾ ਰਿਹਾ ਹਾਂ, ਉਹਨਾਂ ਵਿਚ ਮੈਨੂੰ ਕੋਈ ਚੰਗਿਆਈ ਨਹੀਂ ਦਿੱਸ ਰਹੀ (ਭਾਵ, ਮੈਂ ਮੰਦੇ ਕੰਮ ਹੀ ਕਰੀ ਜਾ ਰਿਹਾ ਹਾਂ)। ਰੇ ਬਾਬਾ—ਹੇ ਪਿਤਾ! ੧। ਰਹਾਉ।

ਤੂਲਾ—ਗੱਠਾ। ਘਾਸ—ਘਾਹ। ਪੂਲਾ—ਮੁੱਠਾ। ੨।

ਜਾਗੈ—ਮੰਦੇ ਕਰਮਾਂ ਵਲੋਂ ਜਾਗ ਆਉਂਦੀ ਹੈ। ਡੰਡੁ—ਡੰਡਾ। ਮੂੰਡ ਮਹਿ—ਸਿਰ ਉੱਤੇ। ੩।

ਅਰਥ :—ਹੇ ਬਾਬਾ! ਮੈਂ ਕਦੇ ਸੋਚਦਾ ਹੀ ਨਹੀਂ ਕਿ ਮੈਂ ਕਿਹੋ ਜਿਹੇ ਨਿੱਤ-ਕਰਮ ਕਰੀ ਜਾ ਰਿਹਾ ਹਾਂ, (ਮੈਂ ਮੰਦੇ ਪਾਸੇ ਹੀ ਲੱਗਾ ਰਹਿੰਦਾ ਹਾਂ, ਤੇ) ਮੈਨੂੰ ਖ਼ਿਆਲ ਹੀ ਨਹੀਂ ਆਉਂਦਾ। ੧। ਰਹਾਉ।

(ਮੈਨੂੰ ਕਦੇ ਸੋਚ ਹੀ ਨਹੀਂ ਫੁਰਦੀ ਕਿ ਮੈਂ ਕਿਸ ਸਰੀਰ ਤੇ ਮਾਣ ਕਰ ਕੇ ਮੰਦੇ ਕੰਮ ਕਰਦਾ ਰਹਿੰਦਾ ਹਾਂ, ਮੇਰਾ ਅਸਲਾ ਤਾਂ ਇਹੀ ਹੈ ਨਾ ਕਿ) ਜਦੋਂ ਮਨੁੱਖ ਮਰ ਜਾਂਦਾ ਹੈ ਤਾਂ ਮਨੁੱਖ (ਦਾ ਸਰੀਰ) ਕਿਸੇ ਕੰਮ ਨਹੀਂ ਆਉਂਦਾ, ਪਰ ਪਸ਼ੂ ਮਰਦਾ ਹੈ ਤਾਂ (ਫਿਰ ਭੀ ਉਸ ਦਾ ਸਰੀਰ ਮਨੁੱਖ ਦੇ) ਕਈ ਕੰਮ ਸਵਾਰਦਾ ਹੈ। ੧।

(ਹੇ ਬਾਬਾ! ਮੈਂ ਕਦੇ ਸੋਚਿਆ ਹੀ ਨਹੀਂ ਕਿ ਮੌਤ ਆਇਆਂ ਇਸ ਸਰੀਰ ਦੀਆਂ) ਹੱਡੀਆਂ ਲੱਕੜਾਂ ਦੇ ਢੇਰ ਵਾਂਗ ਸੜ ਜਾਂਦੀਆਂ ਹਨ, ਤੇ (ਇਸ ਦੇ) ਕੇਸ ਘਾਹ ਦੇ ਪੂਲੇ ਵਾਂਗ ਸੜ ਜਾਂਦੇ ਹਨ (ਤੇ ਜਿਸ ਸਰੀਰ ਦਾ ਮਗਰੋਂ ਇਹ ਹਾਲ ਹੁੰਦਾ ਹੈ, ਉਸੇ ਉੱਤੇ ਮੈਂ ਸਾਰੀ ਉਮਰ ਮਾਣ ਕਰਦਾ ਰਹਿੰਦਾ ਹਾਂ)। ੨।

ਪਰ, ਹੇ ਕਬੀਰ! ਸੱਚ ਇਹ ਹੈ ਕਿ ਮਨੁੱਖ ਇਸ ਮੂਰਖਤਾ ਵਲੋਂ ਤਦੋਂ ਹੀ ਜਾਗਦਾ ਹੈ (ਤਦੋਂ ਹੀ ਪਛਤਾਉਂਦਾ ਹੈ) ਜਦੋਂ ਮੌਤ ਦਾ ਡੰਡਾ ਇਸ ਦੇ ਸਿਰ ਉੱਤੇ ਆ ਵੱਜਦਾ ਹੈ। ੩। ੨।

ਨੋਟ—ਸਰੀਰ ਦੀ ਅੰਤਲੀ ਦਸ਼ਾ ਦਾ ਸਹਿਜ-ਸੁਭਾਇ ਜ਼ਿਕਰ ਕਰਦੇ ਹੋਏ ਭੀ ਕਬੀਰ ਜੀ ਹਿੰਦੂ-ਮਰਯਾਦਾ ਹੀ ਦੱਸਦੇ ਹਨ ਕਿ ਮਰਨ ਤੇ ਜਿਸਮ ਅੱਗ ਦੀ ਭੇਟ ਹੋ ਜਾਂਦਾ ਹੈ। ਇਸ ਸ਼ਬਦ ਵਿਚ ਕਿਸੇ ਭੀ ਮਜ਼ਹਬ ਦੀ ਬਾਬਤ ਕੋਈ ਬਹਿਸ ਨਹੀਂ ਹੈ; ਸਧਾਰਨ ਤੌਰ ਤੇ ਇਨਸਾਨੀ ਹਾਲਤ ਬਿਆਨ ਕੀਤੀ ਹੈ। ਇਸ ਸਧਾਰਨ ਹਾਲਤ ਦੇ ਦੱਸਣ ਵਿਚ ਭੀ ਸਿਰਫ਼ ਸਾੜਨ ਦੇ ਰਿਵਾਜ ਦਾ ਜ਼ਿਕਰ ਸਾਫ਼ ਸਾਬਤ ਕਰਦਾ ਹੈ ਕਿ ਕਬੀਰ ਜੀ ਮੁਸਲਮਾਨ ਨਹੀਂ ਸਨ, ਹਿੰਦੂ ਘਰ ਵਿਚ ਜੰਮੇ-ਪਲੇ ਸਨ।

ਸ਼ਬਦ ਦਾ ਭਾਵ :—ਮਨੁੱਖ ਆਪਣੇ ਸਰੀਰ ਦੀ ਮਮਤਾ ਵਿਚ ਫਸ ਕੇ ਵਿਕਾਰ ਕਰਦਾ ਰਹਿੰਦਾ ਹੈ। ਇਹ ਕਦੇ ਭੀ ਨਹੀਂ ਸੋਚਦਾ ਕਿ ਪ੍ਰਭੂ ਦੀ ਯਾਦ ਤੋਂ ਬਿਨਾ ਇਹ ਸਰੀਰ ਤਾਂ ਪਸ਼ੂ ਦੇ ਸਰੀਰ ਨਾਲੋਂ ਭੀ ਮਾੜਾ ਹੈ, ਤੇ ਇੱਥੇ ਹੀ ਸੜ ਕੇ ਸੁਆਹ ਹੋ ਜਾਂਦਾ ਹੈ। ਮਰਨ ਵੇਲੇ ਪਛਤਾਣ ਦਾ ਕੀਹ ਲਾਭ?

ਗੋਂਡ ॥ ਆਕਾਸਿ ਗਗਨੁ, ਪਾਤਾਲਿ ਗਗਨੁ ਹੈ, ਚਹੁ ਦਿਸਿ ਗਗਨੁ ਰਹਾਇਲੇ ॥ ਆਨਦ ਮੂਲੁ ਸਦਾ ਪੁਰਖੋਤਮੁ, ਘਟੁ ਬਿਨਸੈ ਗਗਨੁ ਨ ਜਾਇਲੇ ॥ ੧ ॥ ਮੋਹਿ ਬੈਰਾਗੁ ਭਇਓ ॥ ਇਹੁ ਜੀਉ ਆਇ ਕਹਾ ਗਇਓ॥ ੧ ॥ ਰਹਾਉ ॥ ਪੰਚ ਤਤੁ ਮਿਲਿ ਕਾਇਆ ਕੀਨੀ, ਤਤੁ ਕਹਾ ਤੇ ਕੀਨੁ ਰੇ ॥ ਕਰਮ ਬਧ ਤੁਮ ਜੀਉ ਕਹਤ ਹੌ ਕਰਮਹਿ ਕਿਨਿ ਜੀਉ ਦੀਨੁ ਰੇ ॥

੨ ॥ ਹਰਿ ਮਹਿ ਤਨੁ ਹੈ, ਤਨਿ ਮਹਿ ਹਰਿ ਹੈ, ਸਰਬ ਨਿਰੰਤਰਿ ਸੋਇ ਰੇ॥ ਕਹਿ ਕਬੀਰ, ਰਾਮ ਨਾਮੁ ਨ ਛੋਡਉ, ਸਹਜੇ ਹੋਇ ਸੁ ਹੋਇ ਰੇ ॥੩॥੩॥

[ਪੰਨਾ ੮੭੦]

ਪਦ ਅਰਥ :—ਆਕਾਸਿ—ਅਕਾਸ਼ ਵਿਚ। ਗਗਨੁ—ਚੇਤਨ-ਸੱਤਾ, ਉਹ ਚੇਤਨਤਾ ਜੋ ਸਾਰੇ ਜਗਤ ਦੀ ਸੱਤਿਆ ਦਾ ਮੂਲ ਹੈ। ਪਾਤਾਲਿ—ਪਤਾਲ ਵਿਚ। ਚਹੁ ਦਿਸਿ—ਚਵ੍ਹੀਂ ਪਾਸੀਂ। ਰਹਾਇਲੇ—ਮੌਜੂਦ ਹੈ। ਮੂਲੁ—ਕਾਰਨ, ਮੁੱਢ। ਘਟੁ—ਸਰੀਰ। ਨ ਜਾਇਲੇ—ਨਾਸ ਨਹੀਂ ਹੁੰਦੀ ਹੈ। ੧।

ਮੋਹਿ—ਮੈਨੂੰ। ਬੈਰਾਗੁ ਭਇਓ—(ਹੋਰਨਾਂ ਗੱਲਾਂ ਵਲੋਂ) ਉਪਰਾਮਤਾ ਹੋ ਰਹੀ ਹੈ, ਮੈਨੂੰ ਹੋਰ ਗੱਲਾਂ ਗ਼ੈਰ-ਜ਼ਰੂਰੀ ਜਾਪਦੀਆਂ ਹਨ; ਹੋਰਨਾਂ ਗੱਲਾਂ ਵੱਲੋਂ ਹਟ ਕੇ ਮੈਨੂੰ ਇਹ ਸੋਚ ਫੁਰ ਰਹੀ ਹੈ ਕਿ। ਜੀਉ—ਜੀਵਾਤਮਾ। ਇਹੁ......ਗਇਓ—ਕਹਾ ਤੇ ਇਹ ਜੀਉ ਆਇ ਕਹਾ ਗਇਓ ? ਨਾਂਹ ਕਿਤੋਂ ਆਉਂਦਾ ਹੈ ਨਾਂਹ ਕਿਤੇ ਜਾਂਦਾ ਹੈ, ਇਹ ਜੀਵਾਤਮਾ ਕਦੇ ਮਰਦਾ ਨਹੀਂ, ਇਹ ਚੇਤਨ-ਸੱਤਾ ਕਦੇ ਮਰਦੀ ਨਹੀਂ। ੧। ਰਹਾਉ।

ਕਾਇਆ—ਸਰੀਰ। ਰੇ—ਹੇ ਭਾਈ ! ਤਤੁ—ਹਵਾ, ਅੱਗ, ਮਿੱਟੀ ਆਦਿਕ ਤੱਤ ਜੋ ਜਗਤ-ਰਚਨਾ ਦਾ ਮੂਲ ਹਨ। ਕਰਮ ਬਧ—ਪਿਛਲੇ ਕੀਤੇ ਕਰਮਾਂ ਦਾ ਬੱਝਾ ਹੋਇਆ। ਕਰਮਹਿ—ਕਰਮਾਂ ਨੂੰ। ਕਿਨਿ—(ਚੇਤਨ-ਸੱਤਾ ਬਿਨਾ ਹੋਰ) ਕਿਸ ਨੇ ? ਜੀਉ ਦੀਨੁ—ਵਜੂਦ ਦਿੱਤਾ, ਹਸਤੀ ਵਿਚ ਲਿਆਂਦਾ। ੨।

ਨਿਰੰਤਰਿ—ਅੰਦਰ ਇੱਕ-ਰਸ। ਸੋਇ—ਉਹ ਗਗਨ ਹੀ, ਉਹ ਚੇਤਨ-ਸੱਤਾ ਹੀ। ਸਹਜੇ......ਹੋਇ—(ਇਹ ਯਕੀਨ ਬਣ ਜਾਂਦਾ ਹੈ ਕਿ) ਜੋ ਕੁਝ ਜਗਤ ਵਿਚ ਹੋ ਰਿਹਾ ਹੈ (ਰਜ਼ਾ-ਅਨੁਸਾਰ) ਸੁਤੇ ਹੀ ਹੋ ਰਿਹਾ ਹੈ। ੩।

ਅਰਥ :—ਮੇਰਾ ਨਿਸ਼ਚਾ ਹੁਣ ਇਸ ਗੱਲ ਉੱਤੇ ਟਿਕ ਗਿਆ ਹੈ ਕਿ ਇਹ ਜਿੰਦ ਕਦੇ ਮਰਦੀ ਨਹੀਂ (ਕਿਉਂਕਿ ਇਹ ਜਿੰਦ ਉਸ ਸਰਬ-ਵਿਆਪਕ ਸਦਾ-ਥਿਰ ਚੇਤਨ-ਸੱਤਾ ਦਾ ਅੰਸ਼ ਹੈ)। ੧। ਰਹਾਉ।

(ਇਹ ਜਿੰਦ ਜਿਸ ਦਾ ਅੰਸ਼ ਹੈ ਉਹ) ਚੇਤਨ-ਸੱਤਾ ਅਕਾਸ਼ ਤੋਂ ਪਤਾਲ ਤੱਕ ਹਰ ਪਾਸੇ ਮੌਜੂਦ ਹੈ, ਉਹੀ (ਜੀਵਾਂ ਦੇ) ਸੁਖ ਦਾ ਮੂਲ-ਕਾਰਨ ਹੈ। ਉਹ ਸਦਾ ਕਾਇਮ ਰਹਿਣ ਵਾਲਾ ਹੈ, ਉਹ ਹੀ (ਹੈ ਜਿਸ ਨੂੰ) ਉੱਤਮ ਪੁਰਖ (ਪਰਮਾਤਮਾ ਕਹੀਦਾ) ਹੈ। (ਜੀਵਾਂ ਦਾ) ਸਰੀਰ ਨਾਸ ਹੋ ਜਾਂਦਾ ਹੈ, ਪਰ (ਸਰੀਰ ਵਿਚ ਵੱਸਦੀ ਜਿੰਦ ਦਾ ਸੋਮਾ) ਚੇਤਨ-ਸੱਤਾ ਨਾਸ ਨਹੀਂ ਹੁੰਦੀ। ੧।

ਪੰਜਾਂ ਤੱਤਾਂ ਨੇ ਮਿਲ ਕੇ ਇਹ ਸਰੀਰ ਬਣਾਇਆ ਹੈ (ਪਰ ਇਹਨਾਂ ਤੱਤਾਂ ਦੀ ਭੀ ਕੋਈ ਵੱਖਰੀ ਹਸਤੀ ਨਹੀਂ ਹੈ), ਇਹ ਤੱਤ ਭੀ ਹੋਰ ਕਿੱਥੋਂ ਬਣਨੇ ਸਨ ? (ਇਹ ਭੀ ਚੇਤਨ-ਸੱਤਾ ਤੋਂ ਹੀ ਬਣੇ ਹਨ)। ਤੁਸੀ ਲੋਕ, ਹੇ ਭਾਈ ! ਇਹ ਆਖਦੇ ਹੋ ਕਿ ਜੀਵਾ-

ਤਮਾ ਕੀਤੇ ਕਰਮਾਂ ਦਾ ਬੱਝਾ ਹੋਇਆ ਹੈ, (ਪਰ ਅਸਲ ਗੱਲ ਇਹ ਹੈ ਕਿ) ਕਰਮਾਂ ਨੂੰ ਭੀ ਪਹਿਲਾਂ ਚੇਤਨ-ਸੱਤਾ ਤੋਂ ਬਿਨਾ ਹੋਰ ਕਿਸ ਨੇ ਵਜੂਦ ਵਿਚ ਲਿਆਉਣਾ ਸੀ ?(ਭਾਵ, ਕਰਮਾਂ ਨੂੰ ਭੀ ਪਹਿਲਾਂ ਇਹ ਚੇਤਨ-ਸੱਤਾ ਹੀ ਵਜੂਦ ਵਿਚ ਲਿਆਉਂਦੀ ਹੈ) । ੨ ।

ਹੇ ਭਾਈ ! ਉਸ ਚੇਤਨ-ਸੱਤਾ ਪ੍ਰਭੂ ਦੇ ਅੰਦਰ ਇਹ (ਜੀਵਾਂ ਦਾ) ਸਰੀਰ ਵਜੂਦ ਵਿਚ ਆਉਂਦਾ ਹੈ, ਤੇ ਸਰੀਰਾਂ ਵਿਚ ਉਹ ਪ੍ਰਭੂ ਵੱਸਦਾ ਹੈ। ਸਭਨਾਂ ਦੇ ਅੰਦਰ ਉਹੀ ਹੈ, ਕਿਤੇ ਵਿੱਥ ਨਹੀਂ ਹੈ। ਸੋ, ਕਬੀਰ ਆਖਦਾ ਹੈ—ਐਸੇ ਚੇਤਨ-ਸੱਤਾ ਪਰਮਾਤਮਾ ਦਾ ਨਾਮ ਮੈਂ ਕਦੇ ਨਹੀਂ ਭੁਲਾਵਾਂਗਾ, (ਨਾਮ ਸਿਮਰਨ ਦੀ ਬਰਕਤਿ ਨਾਲ ਹੀ ਇਹ ਸਮਝ ਆਉਂਦੀ ਹੈ ਕਿ) ਜੋ ਕੁਝ ਜਗਤ ਵਿਚ ਹੋ ਰਿਹਾ ਹੈ ਤੇ ਸੁਤੇ ਹੀ (ਉਸ ਚੇਤਨ-ਸੱਤਾ ਪ੍ਰਭੂ ਦੀ ਰਜ਼ਾ ਵਿਚ) ਹੋ ਰਿਹਾ ਹੈ। ੩ । ੩ ।

ਨੋਟ—ਰਾਗ ਸੋਰਠਿ ਵਿਚ ਰਵਿਦਾਸ ਜੀ ਲਿਖਦੇ ਹਨ—

ਸਰਬੇ ਏਕੁ ਅਨੇਕੈ ਸੁਆਮੀ, ਸਭ ਘਟ ਭੁੋਗਵੈ ਸੋਈ ॥
ਕਹਿ ਰਵਿਦਾਸ ਹਾਥ ਪੈ ਨੇਰੈ, ਸਹਜੇ ਹੋਇ ਸੁ ਹੋਈ ॥੪॥੧॥

ਇੱਥੇ ਵੇਖੋ ਕਬੀਰ ਜੀ ਦੀ ਆਖ਼ਰੀ ਤੁਕ "ਸਹਜੇ ਹੋਇ ਸੁ ਹੋਇ ਰੇ" ।

ਦੋਵੇਂ ਬਨਾਰਸ ਦੇ ਰਹਿਣ ਵਾਲੇ ਤੇ ਸਮ-ਕਾਲੀ ਸਨ। ਇਕ ਦੂਜੇ ਨਾਲ ਪਿਆਰ ਤੇ ਖ਼ਿਆਲਾਂ ਦੀ ਡੂੰਘੀ ਸਾਂਝ ਸੀ।

ਸ਼ਬਦ ਦਾ ਭਾਵ :—ਸਰਬ-ਵਿਆਪਕ ਪਰਮਾਤਮਾ ਹੀ ਸਾਰੀ ਸ੍ਰਿਸ਼ਟੀ ਦਾ ਕਰਤਾ ਹੈ। ਜੀਵਾਤਮਾ ਉਸੇ ਦੀ ਅੰਸ਼ ਹਨ, ਜੀਵਾਂ ਦੇ ਸਰੀਰ ਨੂੰ ਬਣਾਣ ਵਾਲਾ ਭੀ ਪ੍ਰਭੂ ਹੀ ਹੈ, ਤੇ ਜੀਵਾਂ ਦੇ ਕਰਮਾਂ ਨੂੰ ਭੀ ਉਸੇ ਨੇ ਹੀ ਪਹਿਲਾਂ ਵਜੂਦ ਵਿਚ ਲਿਆਂਦਾ। ਜੋ ਕੁਝ ਹੋ ਰਿਹਾ ਹੈ, ਸੁਤੇ ਹੀ ਉਸੇ ਦੀ ਰਜ਼ਾ ਅਨੁਸਾਰ ਹੋ ਰਿਹਾ ਹੈ।

ੴ ਸਤਿਗੁਰ ਪ੍ਰਸਾਦਿ ॥

ਰਾਗੁ ਗੋਂਡ ਬਾਣੀ ਕਬੀਰ ਜੀਉ ਕੀ ਘਰੁ ੨

ਭੁਜਾ ਬਾਂਧਿ,ਭਿਲਾ ਕਰਿ ਡਾਰਿਓ॥ਹਸਤੀ ਕ੍ਰੋਪਿ,ਮੂੰਡ ਮਹਿ ਮਾਰਿਓ॥ ਹਸਤਿ ਭਾਗਿ ਕੈ ਚੀਸਾ ਮਾਰੈ ॥ ਇਆ ਮੂਰਤਿ ਕੈ ਹਉ ਬਲਿਹਾਰੈ ॥੧॥ ਆਹਿ ਮੇਰੇ ਠਾਕੁਰ, ਤੁਮਰਾ ਜੋਰੁ॥ਕਾਜੀ ਬਕਿਬੋ, ਹਸਤੀ ਤੋਰੁ॥੧॥ਰਹਾਉ॥ ਰੇ ਮਹਾਵਤ, ਤੁਝੁ ਡਾਰਉ ਕਾਟਿ ॥ ਇਸਹਿ ਤੁਰਾਵਹੁ ਘਾਲਹੁ ਸਾਟਿ ॥ ਹਸਤਿ ਨ ਤੋਰੈ, ਧਰੈ ਧਿਆਨੁ ॥ ਵਾ ਕੈ ਰਿਦੈ ਬਸੈ ਭਗਵਾਨੁ ॥੨॥ ਕਿਆ ਅਪਰਾਧੁ ਸੰਤ ਹੈ ਕੀਨ੍ਹਾ ॥ ਬਾਂਧਿ ਪੋਟ ਕੁੰਚਰ ਕਉ ਦੀਨਾ ॥ ਕੁੰਚਰੁ ਪੋਟ ਲੈ ਲੈ ਨਮਸਕਾਰੈ ॥ ਬੂਝੀ ਨਹੀ ਕਾਜੀ ਅੰਧਿਆਰੈ ॥ ੩ ॥ ਤੀਨਿ ਬਾਰ ਪਤੀਆ ਭਰਿ ਲੀਨਾ ॥ ਮਨ ਕਠੋਰੁ ਅਜਹੂ ਨ ਪਤੀਨਾ ॥ ਕਹਿ ਕਬੀਰ, ਹਮਰਾ ਗੋਬਿੰਦੁ ॥ ਚਉਥੇ ਪਦ ਮਹਿ ਜਨ ਕੀ ਜਿੰਦੁ॥੪॥੧॥੪॥[੮੭੦]

ਪਦ ਅਰਥ :—ਭੁਜਾ—ਬਾਂਹ। ਭਿਲਾ—ਢੀਮ। ਭਿਲਾ ਕਰਿ—ਢੀਮ ਬਣਾ ਕੇ, ਢੀਮ ਵਾਂਗ। ਡਾਰਿਓ—ਸੁੱਟ ਦਿੱਤਾ। ਕ੍ਰੋਧਿ—(ਮਹਾਵਤ ਨੇ) ਕ੍ਰੋਧ ਵਿਚ (ਆ ਕੇ)। ਹਸਤੀ ਮੂੰਡ ਮਹਿ—ਹਾਥੀ ਦੇ ਸਿਰ ਉੱਤੇ। ਹਉ—ਮੈਂ। ੧।

ਆਹਿ—ਹੈ। ਠਾਕੁਰ—ਹੇ ਠਾਕੁਰ ! ਜੋਰੁ—ਤਾਣ,ਆਸਰਾ। ਬਕਿਬੋ—ਬੋਲਦਾ ਹੈ। ਤੋਰੁ—ਚੱਲਾ। ੧। ਰਹਾਉ।

ਰੇ—ਹੇ ! ਵਾ ਕੈ—ਉਸ ਦੇ। ੨।

ਪੋਟ—ਪੋਟਲੀ। ਕੁੰਚਰੁ—ਹਾਥੀ। ਅੰਧਿਆਰੈ—ਹਨੇਰੇ ਵਿਚ।

ਪਤੀਆ—ਪਰਤਾਵਾ, ਅਜ਼ਮਾਇਸ਼। ਪਤੀਨਾ—ਪਤੀਜਿਆ, ਤਸੱਲੀ ਹੋਈ। ਚਉਥੇ ਪਦ ਮਹਿ—ਉਸ ਅਵਸਥਾ ਵਿਚ ਜੋ ਤਿੰਨ ਗੁਣਾਂ ਤੋਂ ਉਤਾਂਹ ਹੈ, ਪ੍ਰਭੂ-ਚਰਨਾਂ ਵਿਚ। ੪।

ਅਰਥ :—ਹੇ ਮੇਰੇ ਪ੍ਰਭੂ ! ਕਾਜ਼ੀ ਤਾਂ ਕਹਿ ਰਿਹਾ ਹੈ ਕਿ (ਇਸ ਕਬੀਰ ਉੱਤੇ) ਹਾਥੀ ਚਾੜ੍ਹ ਦੇਹ, ਪਰ ਮੈਨੂੰ ਤੇਰਾ ਤਾਣ ਹੈ (ਸੋ, ਤੇਰੀ ਬਰਕਤਿ ਨਾਲ ਮੈਨੂੰ ਕੋਈ ਫ਼ਿਕਰ ਨਹੀਂ ਹੈ)। ੧। ਰਹਾਉ।

ਮੇਰੀਆਂ ਬਾਹਾਂ ਬੰਨ੍ਹ ਕੇ ਢੇਮ ਵਾਂਗ (ਮੈਨੂੰ ਇਹਨਾਂ ਲੋਕਾਂ ਹਾਥੀ ਅੱਗੇ) ਸੁੱਟ ਦਿੱਤਾ ਹੈ, (ਮਹਾਵਤ ਨੇ) ਗੁੱਸੇ ਵਿਚ ਆ ਕੇ ਹਾਥੀ ਦੇ ਸਿਰ ਉੱਤੇ (ਸੱਟ) ਮਾਰੀ ਹੈ।

ਪਰ ਹਾਥੀ (ਮੈਨੂੰ ਪੈਰਾਂ ਹੇਠ ਲਿਤਾੜਨ ਦੇ ਥਾਂ) ਚੀਕਾਂ ਮਾਰ ਕੇ (ਹੋਰ ਪਾਸੇ) ਭੱਜਦਾ ਹੈ, (ਜਿਵੇਂ ਆਖਦਾ ਹੈ–) ਮੈਂ ਸਦਕੇ ਹਾਂ ਇਸ ਸੋਹਣੇ ਬੰਦੇ ਤੋਂ । ੧ ।

(ਕਾਜ਼ੀ ਆਖਦਾ ਹੈ–) ਇਸ ਹਾਥੀ ਨੂੰ ਸੱਟ ਮਾਰ ਤੇ (ਕਬੀਰ ਵਲ) ਤੋਰ, ਨਹੀਂ ਤਾਂ ਮੈਂ ਤੇਰਾ ਸਿਰ ਉਤਰਾ ਦਿਆਂਗਾ । ਪਰ ਹਾਥੀ ਤੁਰਦਾ ਨਹੀਂ (ਉਹ ਤਾਂ ਇਉਂ ਦਿੱਸਦਾ ਹੈ ਜਿਵੇਂ) ਪ੍ਰਭੂ-ਚਰਨਾਂ ਵਿਚ ਮਸਤ ਹੈ (ਜਿਵੇਂ) ਉਸ ਦੇ ਹਿਰਦੇ ਵਿਚ ਪਰ-ਮਾਤਮਾ (ਪਰਗਟ ਹੋ ਕੇ) ਵੱਸ ਰਿਹਾ ਹੈ । ੨ ।

ਮੇਰੀ ਪੋਟਲੀ ਬੰਨ੍ਹ ਕੇ (ਇਹਨਾਂ ਮੈਨੂੰ) ਹਾਥੀ ਅੱਗੇ ਸੁੱਟ ਦਿੱਤਾ, ਭਲਾ ਮੈਂ ਆਪਣੇ ਪ੍ਰਭੂ ਦੇ ਸੇਵਕ ਨੇ ਇਹਨਾਂ ਦਾ ਕੀਹ ਵਿਗਾੜ ਕੀਤਾ ਸੀ ? ਪਰ ਕਾਜ਼ੀ ਨੂੰ (ਤੁਅੱਸਬ ਦੇ) ਹਨੇਰੇ ਵਿਚ ਇਹ ਸਮਝ ਹੀ ਨਹੀਂ ਆਈ, (ਤੇ ਉਧਰ) ਹਾਥੀ (ਮੇਰੇ ਸਰੀਰ ਦੀ ਬਣੀ) ਪੋਟਲੀ ਨੂੰ ਮੁੜ ਮੁੜ ਸਿਰ ਨਿਵਾ ਰਿਹਾ ਹੈ । ੩ ।

(ਕਾਜ਼ੀ ਨੇ ਹਾਥੀ ਨੂੰ ਮੇਰੇ ਉਪਰ ਚਾੜ੍ਹ ਚਾੜ੍ਹ ਕੇ) ਤਿੰਨ ਵਾਰੀ ਪਰਤਾਵਾ ਲਿਆ, ਪਰ ਉਸ ਦੀ (ਫਿਰ ਭੀ) ਤਸੱਲੀ ਨਾਂਹ ਹੋਈ (ਕਿਉਂਕਿ ਉਹ) ਮਨ ਦਾ ਕਠੋਰ ਸੀ । ਕਬੀਰ ਆਖਦਾ ਹੈ–(ਕਾਜ਼ੀ ਨੂੰ ਇਹ ਸਮਝ ਨਾਂਹ ਆਈ ਕਿ) ਸਾਡਾ (ਪ੍ਰਭੂ ਦੇ ਸੇਵਕਾਂ ਦਾ ਰਾਖਾ) ਪਰਮਾਤਮਾ ਹੈ, ਪ੍ਰਭੂ ਦੇ ਦਾਸਾਂ ਦੀ ਜਿੰਦ ਸਦਾ ਪ੍ਰਭੂ ਦੇ ਚਰਨਾਂ ਵਿਚ ਟਿਕੀ ਰਹਿੰਦੀ ਹੈ (ਇਸ ਵਾਸਤੇ ਉਹਨਾਂ ਨੂੰ ਕੋਈ ਡਰਾ ਧਮਕਾ ਨਹੀਂ ਸਕਦਾ) । ੪ । ੧ । ੪ ।

ਸ਼ਬਦ ਦਾ ਭਾਵ :–ਸਿਮਰਨ ਕਰਨ ਵਾਲੇ ਬੰਦਿਆਂ ਦੀ ਸੁਰਤ ਸਦਾ ਪ੍ਰਭੂ-ਚਰਨਾਂ ਵਿਚ ਰਹਿੰਦੀ ਹੈ, ਇਸ ਵਾਸਤੇ ਉਹਨਾਂ ਨੂੰ ਕੋਈ ਡਰਾ ਧਮਕਾ ਨਹੀਂ ਸਕਦਾ ।

ਗੋਂਡ ॥ ਨਾ ਇਹੁ ਮਾਨਸੁ ਨਾ ਇਹੁ ਦੇਉ ॥ ਨਾ ਇਹੁ ਜਤੀ ਕਹਾਵੈ ਸੇਉ ॥ ਨਾ ਇਹੁ ਜੋਗੀ ਨਾ ਅਵਧੂਤਾ ॥ ਨਾ ਇਸੁ ਮਾਇ ਨ ਕਾਹੂ ਪੂਤਾ ॥ ੧ ॥ ਇਆ ਮੰਦਰ ਮਹਿ ਕੌਨ ਬਸਾਈ ॥ ਤਾ ਕਾ ਅੰਤੁ ਨ ਕੋਊ ਪਾਈ ॥ ੧ ॥ ਰਹਾਉ ॥ ਨਾ ਇਹੁ ਗਿਰਹੀ ਨਾ ਓਦਾਸੀ ॥ ਨਾ ਇਹੁ ਰਾਜ ਨ ਭੀਖ ਮੰਗਾਸੀ ॥ ਨਾ ਇਸੁ ਪਿੰਡੁ ਨ ਰਕਤੂ ਰਾਤੀ ॥ ਨਾ ਇਹੁ ਬ੍ਰਹਮਨੁ ਨਾ ਇਹੁ ਖਾਤੀ ॥ ੨ ॥ ਨਾ ਇਹੁ ਤਪਾ ਕਹਾਵੈ ਸੇਖੁ ॥ ਨਾ ਇਹੁ ਜੀਵੈ ਨ ਮਰਤਾ ਦੇਖੁ ॥ ਇਸੁ ਮਰਤੇ ਕਉ ਜੇ ਕੋਊ ਰੋਵੈ ॥ ਜੋ ਰੋਵੈ ਸੋਈ ਪਤਿ ਖੋਵੈ ॥ ੩ ॥ ਗੁਰ ਪ੍ਰਸਾਦਿ ਮੈ ਡਗਰੋ ਪਾਇਆ ॥ ਜੀਵਨ ਮਰਨੁ ਦੋਊ ਮਿਟਵਾਇਆ ॥ ਕਹੁ ਕਬੀਰ ਇਹੁ ਰਾਮ ਕੀ ਅੰਸੁ ॥ ਜਸ ਕਾਗਦ ਪਰ ਮਿਟੈ ਨ ਮੰਸੁ ॥੪॥੨॥੫॥ [ਪੰਨਾ ੮੭੧]

ਪਦ ਅਰਥ :–ਇਹੁ–ਇਹ ਜੋ ਸਰੀਰ-ਮੰਦਰ ਵਿਚ ਵੱਸਣ ਵਾਲਾ ਹੈ । ਮਾਨਸੁ–ਮਨੁੱਖ । ਦੇਉ–ਦੇਵਤਾ । ਸੇਉ–ਸ਼ਿਵ ਦਾ ਉਪਾਸ਼ਕ । ਅਵਧੂਤਾ–ਤਿਆਗੀ । ਮਾਇ–ਮਾਂ । ਇਸੁ–ਇਸ ਦੀ । ਕਾਹੂ–ਕਿਸੇ ਦਾ । ੧ ।

ਇਆ ਮੰਦਰਿ ਮਹਿ–ਇਸ ਸਰੀਰ-ਘਰ ਵਿਚ । ਬਸਾਈ–ਵੱਸਦਾ ਹੈ । ਤਾ ਕਾ–ਉਸ ਵੱਸਣ ਵਾਲੇ ਦਾ । ੧ । ਰਹਾਉ ।

ਗਿਰਹੀ–ਗ੍ਰਿਹਸਤੀ, ਟੱਬਰਦਾਰ । ਭੀਖ ਮੰਗਾਸੀ–ਮੰਗਤਾ । ਪਿੰਡੁ–ਸਰੀਰ । ਰਕਤੂ–ਲਹੂ । ਰਾਤੀ–ਰਤਾ ਭਰ ਭੀ । ਖਾਤੀ–ਖੱਤ੍ਰੀ । ੨ ।

ਪਤਿ ਖੋਵੈ–ਇੱਜ਼ਤ ਗਵਾਉਂਦਾ ਹੈ, ਖ਼ੁਆਰ ਹੁੰਦਾ ਹੈ । ੩ ।

ਪ੍ਰਸਾਦਿ–ਕਿਰਪਾ ਨਾਲ । ਡਗਰੋ–(ਜ਼ਿੰਦਗੀ ਦਾ ਸਹੀ) ਰਸਤਾ । ਅੰਸੁ–ਹਿੱਸਾ, ਜੋਤ । ਜਸ–ਜਿਵੇਂ । ਕਾਗਦ ਪਰ–ਕਾਗ਼ਜ਼ ਉੱਤੇ ਲਿਖੀ ਹੋਈ । ਮੰਸੁ–ਸਿਆਹੀ ।੪।

ਅਰਥ :–(ਸਾਡੇ) ਇਸ ਸਰੀਰ-ਰੂਪ ਘਰ ਵਿਚ ਕੌਣ ਵੱਸਦਾ ਹੈ ? ਉਸ ਦਾ ਕੀਹ ਅਸਲਾ ਹੈ ?–ਇਸ ਗੱਲ ਦੀ ਤਹਿ ਵਿਚ ਕੋਈ ਨਹੀਂ ਅੱਪੜਿਆ । ੧ । ਰਹਾਉ ।

(ਕੀਹ ਮਨੁੱਖ, ਕੀਹ ਦੇਵਤਾ; ਕੀਹ ਜਤੀ, ਤੇ ਕੀਹ ਸ਼ਿਵ-ਉਪਾਸ਼ਕ; ਕੀਹ ਜੋਗੀ, ਤੇ ਕੀਹ ਤਿਆਗੀ; ਹਰੇਕ ਵਿਚ ਇੱਕ ਉਹੀ ਵੱਸਦਾ ਹੈ; ਪਰ ਫਿਰ ਭੀ ਸਦਾ ਲਈ) ਨਾਂਹ ਇਹ ਮਨੁੱਖ ਹੈ ਨਾਂਹ ਦੇਵਤਾ; ਨਾਂਹ ਜਤੀ ਹੈ ਨਾਂਹ ਸ਼ਿਵ-ਉਪਾਸ਼ਕ, ਨਾਂਹ ਜੋਗੀ ਹੈ ਨਾਂਹ ਤਿਆਗੀ; ਨਾਂਹ ਇਸ ਦੀ ਕੋਈ ਮਾਂ ਹੈ ਨਾਂਹ ਇਹ ਕਿਸੇ ਦਾ ਪੁੱਤਰ । ੧ ।

(ਗ੍ਰਿਹਸਤੀ, ਉਦਾਸੀ; ਰਾਜਾ, ਕੰਗਾਲ; ਬ੍ਰਾਹਮਣ, ਖੱਤ੍ਰੀ; ਸਭ ਵਿਚ ਇਹੀ ਵੱਸਦਾ ਹੈ; ਫਿਰ ਭੀ ਇਹਨਾਂ ਵਿਚ ਰਹਿਣ ਕਰ ਕੇ ਸਦਾ ਲਈ)ਨਾਂਹ ਇਹ ਗ੍ਰਿਹਸਤੀ ਹੈ ਨਾਂਹ ਉਦਾਸੀ, ਨਾਂਹ ਇਹ ਰਾਜਾ ਹੈ ਨਾਂਹ ਮੰਗਤਾ; ਨਾਂਹ ਇਹ ਬ੍ਰਾਹਮਣ ਹੈ ਨਾਂਹ ਖੱਤ੍ਰੀ; ਨਾਂਹ ਇਸ ਦਾ ਕੋਈ ਸਰੀਰ ਹੈ ਨਾਂਹ ਇਸ ਵਿਚ ਰਤਾ ਭਰ ਭੀ ਲਹੂ ਹੈ । ੨ ।

(ਤਪੇ, ਸ਼ੇਖ਼, ਸਭ ਵਿਚ ਇਹੀ ਹੈ; ਸਭ ਸਰੀਰਾਂ ਵਿਚ ਆ ਕੇ ਜੰਮਦਾ ਮਰਦਾ ਭੀ ਜਾਪਦਾ ਹੈ, ਫਿਰ ਭੀ ਸਦਾ ਲਈ) ਨਾਂਹ ਇਹ ਕੋਈ ਤਪਸ੍ਵੀ ਹੈ ਨਾਂਹ ਕੋਈ ਸ਼ੇਖ਼ ਹੈ ; ਨਾਂਹ ਇਹ ਜੰਮਦਾ ਹੈ ਨਾਂਹ ਮਰਦਾ ਹੈ । ਜਿਹੜਾ ਕੋਈ ਜੀਵ ਇਸ (ਅੰਦਰ-ਵੱਸਦੇ) ਨੂੰ ਮਰਦਾ ਸਮਝ ਕੇ ਰੋਂਦਾ ਹੈ ਉਹ ਖ਼ੁਆਰ ਹੀ ਹੁੰਦਾ ਹੈ । ੩ ।

ਹੇ ਕਬੀਰ ! ਆਖ–(ਜਦੋਂ ਦਾ) ਮੈਂ ਆਪਣੇ ਗੁਰੂ ਦੀ ਕਿਰਪਾ ਨਾਲ (ਜ਼ਿੰਦਗੀ ਦਾ ਸਹੀ) ਰਸਤਾ ਲੱਭਾ ਹੈ, ਮੈਂ ਆਪਣਾ ਜਨਮ ਮਰਨ ਦੋਵੇਂ ਖ਼ਤਮ ਕਰਾ ਲਏ ਹਨ (ਭਾਵ, ਮੇਰਾ ਜਨਮ-ਮਰਨ ਦਾ ਗੇੜ ਮੁੱਕ ਗਿਆ ਹੈ;ਹੁਣ ਮੈਨੂੰ ਸਮਝ ਆ ਗਈ ਹੈ ਕਿ) ਸਾਡੇ ਅੰਦਰ ਵੱਸਣ ਵਾਲਾ ਇਹ ਪਰਮਾਤਮਾ ਦੀ ਅੰਸ ਹੈ, ਤੇ ਇਹ ਦੋਵੇਂ ਆਪੋ ਵਿਚ ਇਉਂ ਜੁੜੇ ਹੋਏ ਹਨ ਜਿਵੇਂ ਕਾਗ਼ਜ਼ ਅਤੇ (ਕਾਗ਼ਜ਼ ਉੱਤੇ ਲਿਖੇ ਅੱਖਰਾਂ ਦੀ) ਸਿਆਹੀ। ੪ । ੨ । ੫ ।

ਸ਼ਬਦ ਦਾ ਭਾਵ :-ਪਰਮਾਤਮਾ ਹਰੇਕ ਜੀਵ ਵਿਚ ਵਿਆਪਕ ਭੀ ਹੈ, ਤੇ ਸਭ ਤੋਂ ਵੱਖਰਾ ਭੀ ਹੈ। ਜੀਵਾਂ ਵਾਂਗ ਉਸ ਨੂੰ ਜਨਮ-ਮਰਨ ਦਾ ਗੇੜ ਨਹੀਂ ਹੈ।

ਗੋਂਡ ॥ ਤੂਟੇ ਤਾਗੇ, ਨਿਖੁਟੀ ਪਾਨਿ ॥ ਦੁਆਰ ਊਪਰਿ ਝਿਲਕਾਵਹਿ ਕਾਨ ॥ ਕੂਚ ਬਿਚਾਰੇ ਫੂਏ ਫਾਲ॥ਇਆ ਮੁੰਡੀਆ ਸਿਰਿ ਚਢਿਬੋ ਕਾਲ ॥ ੧ ॥ ਇਹੁ ਮੁੰਡੀਆ ਸਗਲੋ ਦ੍ਰਬੁ ਖੋਈ॥ ਆਵਤ ਜਾਤ ਨਾਕ ਸਰ ਹੋਈ॥ ੧ ॥ ਰਹਾਉ ॥ ਤੁਰੀ ਨਾਰਿ ਕੀ ਛੋਡੀ ਬਾਤਾ ॥ ਰਾਮ ਨਾਮ ਵਾ ਕਾ ਮਨੁ ਰਾਤਾ॥ਲਰਿਕੀ ਲਰਿਕਨ ਖੈਬੋ ਨਾਹਿ॥ਮੁੰਡੀਆ ਅਨਦਿਨੁ ਧਾਪੇ ਜਾਹਿ ॥ ੨ ॥ ਇਕ ਦੁਇ ਮੰਦਰਿ, ਇਕ ਦੁਇ ਬਾਟ ॥ ਹਮ ਕਉ ਸਾਥਰੁ, ਉਨ ਕਉ ਖਾਟ ॥ ਮੂਡ ਪਲੋਸਿ ਕਮਰ ਬਧਿ ਪੋਥੀ ॥ ਹਮ ਕਉ ਚਾਬਨੁ, ਉਨ ਕਉ ਰੋਟੀ ॥ ੩ ॥ ਮੁੰਡੀਆ ਮੁੰਡੀਆ ਹੂਏ ਏਕ ॥ ਏ ਮੁੰਡੀਆ ਬੂਡਤ ਕੀ ਟੇਕ ॥ ਸੁਨਿ ਅੰਧਲੀ ਲੋਈ ਬੇਪੀਰ ॥ ਇਨ੍ ਮੁੰਡੀਅਨ ਭਜਿ ਸਰਨਿ ਕਬੀਰ ॥੪॥੩॥੬॥ [ਪੰਨਾ ੮੭੧]

ਨੋਟ-ਰਾਗ ਆਸਾ ਵਿਚ ਸ਼ਬਦ "ਕਰਵਤ ਭਲਾ" ਅਤੇ ਬਿਲਾਵਲ ਵਿਚ ਸ਼ਬਦ "ਨਿਤ ਉਠਿ ਕੋਰੀ" ਦੇ ਅਰਥ ਕਰਨ ਵੇਲੇ ਦੱਸਿਆ ਜਾ ਚੁੱਕਾ ਹੈ ਕਿ ਸ਼ਬਦ ਦਾ ਕੋਈ ਭੀ ਹਿੱਸਾ ਕਬੀਰ ਜੀ ਦੀ ਵਹੁਟੀ ਜਾਂ ਮਾਂ ਦਾ ਉਚਾਰਿਆ ਹੋਇਆ ਨਹੀਂ ਹੋ ਸਕਦਾ। ਇਹ ਬਚਨ ਕਬੀਰ ਜੀ ਦੇ ਆਪਣੇ ਹਨ। ਇਹਨਾਂ ਵਿਚ ਦੱਸਿਆ ਇਹ ਗਿਆ ਹੈ ਕਿ ਬੰਦਗੀ ਕਰਨ ਵਾਲੇ ਮਨੁੱਖ ਤੇ ਦੁਨੀਆਦਾਰ ਦਾ ਜ਼ਿੰਦਗੀ ਦਾ ਨਿਸ਼ਾਨਾ ਵੱਖੋ ਵੱਖ ਹੋਣ ਕਰ ਕੇ ਦੋਹਾਂ ਦਾ ਮੇਲ ਮੁਸ਼ਕਿਲ ਹੈ। ਇਹ ਗੱਲ ਭੀ ਗਲਤ ਹੈ ਕਿ ਕਬੀਰ ਜੀ ਕੰਮ ਕਰਨਾ ਛੱਡ ਬੈਠੇ ਸਨ। ਆਖ਼ਰ,ਪਰਵਾਰ ਦੇ ਨਿਰਬਾਹ ਲਈ ਹੋਰ ਕਿਹੜੀ ਧਿਰ ਕਮਾਈ ਕਰਦੀ ਸੀ ? ਘਰ ਵਿਚ ਇਤਨੇ ਸਤਸੰਗੀ ਭੀ ਆਏ ਰਹਿੰਦੇ ਸਨ, ਪਰਵਾਰ ਭੀ ਸੀ, ਇਹਨਾਂ ਸਭਨਾਂ ਵਾਸਤੇ ਕਬੀਰ ਜੀ ਹੀ ਮਿਹਨਤ ਕਰਦੇ ਸਨ। ਪਰ ਅਸਲ ਗੱਲ ਇਹ ਹੈ ਕਿ ਕਬੀਰ ਜੀ ਦੀ ਵਹੁਟੀ ਨੂੰ ਇਹਨਾਂ ਸਤਸੰਗੀਆਂ ਦਾ ਨਿੱਤ ਆਉਣਾ ਪਸੰਦ ਨਹੀਂ ਸੀ। ਇਸ ਵਾਸਤੇ ਇਨਸਾਨੀ ਸੁਭਾਵ ਅਨੁਸਾਰ ਗਿਲ੍ਹਾ ਵਧਾ ਕੇ ਕੀਤਾ ਗਿਆ ਹੈ। ਹਰ ਕੋਈ ਇਉਂ ਹੀ ਕਰਦਾ ਹੈ।

ਪਦ ਅਰਥ :-ਨਿਖੁਟੀ-ਮੁੱਕ ਗਈ ਹੈ। ਪਾਨਿ-ਪਾਣ, ਆਟੇ ਦੀ ਮਾਇਆ ਜੋ ਸੂਤਰ ਨੂੰ ਕੱਪੜਾ ਉਣਨ ਤੋਂ ਪਹਿਲਾਂ ਲਾਈ ਜਾਂਦੀ ਹੈ। ਕਾਨ-ਕਾਨੇ । ਫੂਏ ਫਾਲ-ਤੀਲਾ ਤੀਲਾ ਹੋ ਗਏ ਹਨ, ਖਿਲਰੇ ਰਹਿੰਦੇ ਹਨ। ਇਆ ਮੁੰਡੀਆ ਸਿਰਿ-(ਮੇਰੇ) ਇਸ (ਖਸਮ) ਸਾਧੂ ਦੇ ਸਿਰ ਉੱਤੇ। ਚਢਿਬੋ-ਚੜ੍ਹਿਆ ਹੋਇਆ ਹੈ, ਸਵਾਰ ਹੈ। ੧।

ਦੂਬੁ–ਧਨ। ਖੋਈ–ਗਵਾ ਰਿਹਾ ਹੈ। ਨੋਟ–ਔਖਿਆਈ ਇਹ ਨਹੀਂ ਸੀ ਕਿ ਕਬੀਰ ਜੀ ਕਮਾਂਦੇ ਨਹੀਂ ਸਨ, ਸਗੋਂ ਇਹ ਕਿ ਸਤਸੰਗੀਆਂ ਨੂੰ ਖੁਆ ਦੇਂਦੇ ਸਨ। ਨਾਕ ਸਰ–ਨੱਕ-ਦਮ। ੧। ਰਹਾਉ।

ਤੁਰੀ–ਖੱਡੀ ਦੀ ਉਹ ਲੱਠ ਜਿਸ ਦੇ ਦੁਆਲੇ ਉਣਿਆ ਹੋਇਆ ਕੱਪੜਾ ਵਲ੍ਹੇਟਦੇ ਜਾਂਦੇ ਹਨ। ਨਾਰਿ–ਨਾਲ, ਜਿਸ ਵਿਚ ਧਾਗੇ ਦੀ ਨਲੀ ਪਾਈ ਜਾਂਦੀ ਹੈ। ਵਾ ਕਾ–(ਉਸ ਕਬੀਰ) ਦਾ। ਖੈਬੋ–ਖਾਣ ਜੋਗਾ। ਅਨਦਿਨੁ–ਹਰ ਰੋਜ਼। ਧਾਪਿ–ਰੱਜੇ ਹੋਏ। ੨।

ਮੰਦਰਿ–ਘਰ ਵਿਚ। ਬਾਟ–ਰਾਹ ਤੇ, (ਭਾਵ, ਤੁਰੇ ਆ ਰਹੇ ਹਨ, ਆਵਾ-ਜਾਈ ਲੱਗੀ ਹੀ ਰਹਿੰਦੀ ਹੈ)। ਸਾਥਰੁ–ਭੁੰਞੇ, ਸੱਥਰ। ਖਾਟ–ਮੰਜੀ। ਪਲੋਸਿ–ਹੱਥ ਫੇਰ ਕੇ। ਕਮਰ–ਲੱਕ। ਚਾਬਨੁ–ਭੁੱਜੇ ਦਾਣੇ। ੩।

ਨੋਟ–ਇੱਥੋਂ ਤਕ ਤਾਂ ਦੁਨੀਆਦਾਰ ਦਾ ਗਿਲ੍ਹਾ ਹੈ। ਅਗਲੇ ਬੰਦ ਵਿਚ ਬੰਦਗੀ ਵਾਲੇ ਦਾ ਦ੍ਰਿਸ਼ਟੀ-ਕੋਣ ਹੈ।

ਮੁੰਡੀਆ–ਸਤਸੰਗੀ। ਬੂਡਤ ਕੀ ਟੇਕ–(ਸੰਸਾਰ-ਸਮੁੰਦਰ ਵਿਚ) ਡੁੱਬਦਿਆਂ ਦਾ ਸਹਾਰਾ। ਬੇਪੀਰ–ਨਿਗੁਰੀ। ੪।

ਅਰਥ :–(ਮੇਰਾ) ਇਹ (ਖਸਮ) ਸਾਧੂ ਸਾਰਾ (ਕਮਾਇਆ) ਧਨ ਗਵਾਈ ਜਾਂਦਾ ਹੈ, (ਇਸ ਦੇ ਸਤਸੰਗੀਆਂ ਦੀ) ਆਵਾਜਾਈ ਨਾਲ ਮੇਰੀ ਨੱਕ-ਜਿੰਦ ਆਈ ਪਈ ਹੈ। ੧। ਰਹਾਉ।

(ਇਸ ਨੂੰ ਘਰ ਦੇ ਕੰਮ-ਕਾਜ ਦਾ ਕੋਈ ਫ਼ਿਕਰ ਹੀ ਨਹੀਂ, ਜੇ) ਤਾਣੀ ਦੇ ਧਾਗੇ ਟੁੱਟੇ ਪਏ ਹਨ (ਤਾਂ ਟੁੱਟੇ ਹੀ ਰਹਿੰਦੇ ਹਨ), ਜੇ ਪਾਣ ਮੁੱਕ ਗਈ ਹੈ (ਤਾਂ ਮੁੱਕੀ ਹੀ ਪਈ ਹੈ)। ਬੂਹੇ ਤੇ (ਸੱਖਣੇ) ਕਾਨੇ ਪਏ ਲਿਸ਼ਕਦੇ ਹਨ (ਵਰਤਣ ਖੁਣੋਂ ਪਏ ਹਨ); ਵਿਚਾਰੇ ਕੁੱਚ ਤੀਲਾ ਤੀਲਾ ਹੋ ਰਹੇ ਹਨ; (ਪਤਾ ਨਹੀਂ ਇਸ ਸਾਧੂ ਦਾ ਕੀਹ ਬਣੇਗਾ), ਇਸ ਸਾਧੂ ਦੇ ਸਿਰ ਮੌਤ ਸਵਾਰ ਹੋਈ ਜਾਪਦੀ ਹੈ। ੧।

ਤੁਰੀ ਤੇ ਨਾਲਾਂ (ਦੇ ਵਰਤਣ) ਦਾ ਇਸ ਨੂੰ ਚੇਤਾ ਹੀ ਨਹੀਂ (ਭਾਵ, ਕੱਪੜਾ ਉਣਨ ਦਾ ਇਸ ਨੂੰ ਕੋਈ ਖ਼ਿਆਲ ਹੀ ਨਹੀਂ ਹੈ), ਇਸ ਦਾ ਮਨ ਸਦਾ ਰਾਮ-ਨਾਮ ਵਿਚ ਰੰਗਿਆ ਰਹਿੰਦਾ ਹੈ, (ਘਰ ਵਿਚ) ਕੁੜੀ ਮੁੰਡਿਆਂ ਦੇ ਖਾਣ ਜੋਗਾ ਕੁਝ ਨਹੀਂ (ਰਹਿੰਦਾ) ਪਰ ਇਸ ਦੇ ਸਤਸੰਗੀ ਹਰ ਰੋਜ਼ ਰੱਜ ਕੇ ਜਾਂਦੇ ਹਨ। ੨।

(ਨੋਟ–ਸ਼ਿਕਾਇਤ ਇਹੀ ਹੈ ਕਿ ਸਾਂਭ ਕੇ ਨਹੀਂ ਰੱਖਦਾ। ਕੰਮ ਕਰਨਾ ਨਹੀਂ ਛੱਡਿਆ)।

ਜੇ ਇੱਕ ਦੋ ਸਾਧੂ (ਸਾਡੇ) ਘਰ ਬੈਠੇ ਹਨ ਤਾਂ ਇਕ ਦੋ ਤੁਰੇ ਭੀ ਆ ਰਹੇ ਹਨ, (ਹਰ ਵੇਲੇ ਆਵਾ-ਜਾਈ ਲੱਗੀ ਰਹਿੰਦੀ ਹੈ), ਸਾਨੂੰ ਭੁੰਞੇ ਸੌਣਾ ਪੈਂਦਾ ਹੈ, ਉਹਨਾਂ ਨੂੰ

ਮੰਜੇ ਦਿੱਤੇ ਜਾਂਦੇ ਹਨ। ਉਹ ਸਾਧੂ ਲੱਕਾਂ ਨਾਲ ਪੋਥੀਆਂ ਲਮਕਾਈਆਂ ਹੋਈਆਂ ਸਿਰਾਂ ਤੇ ਹੱਥ ਫੇਰਦੇ ਤੁਰੇ ਆਉਂਦੇ ਹਨ। (ਕਈ ਵਾਰ ਉਹਨਾਂ ਦੇ ਕੁਵੇਲੇ ਆ ਜਾਣ ਤੇ) ਸਾਨੂੰ ਤਾਂ ਭੁੱਜੇ ਦਾਣੇ ਚੱਬਣੇ ਪੈਂਦੇ ਹਨ, ਉਹਨਾਂ ਨੂੰ ਰੋਟੀਆਂ ਮਿਲਦੀਆਂ ਹਨ। ੩।

ਹੇ ਕਬੀਰ! (ਆਖ—ਇਹਨਾਂ ਸਤ-ਸੰਗੀਆਂ ਨਾਲ ਇਹ ਪਿਆਰ ਇਸ ਵਾਸਤੇ ਹੈ ਕਿ) ਸਤ ਸੰਗੀਆਂ ਦੇ ਦਿਲ ਆਪੋ ਵਿਚ ਮਿਲੇ ਹੋਏ ਹਨ, ਤੇ ਇਹ ਸਤ-ਸੰਗੀ (ਸੰਸਾਰ-ਸਮੁੰਦਰ ਦੇ ਵਿਕਾਰਾਂ ਵਿਚ) ਡੁੱਬਦਿਆਂ ਦਾ ਸਹਾਰਾ ਹਨ। ਹੇ ਅੰਨ੍ਹੀ ਨਿਗੁਰੀ ਲੋਈ! ਸੁਣ, ਤੂੰ ਭੀ ਇਹਨਾਂ ਸਤ-ਸੰਗੀਆਂ ਦੀ ਸ਼ਰਨ ਪਉ। ੪। ੩। ੬।

ਨੋਟ:—ਇਸੇ ਹੀ ਰਾਗ ਦੇ ਸ਼ਬਦ ਨੰ: ੮ ਨੂੰ ਗਹੁ ਨਾਲ ਪੜ੍ਹੋ। ਕਬੀਰ ਜੀ ਜਾਣਦੇ ਹਨ ਕਿ ਗ੍ਰਿਹਸਤੀ ਵਾਸਤੇ ਧਨ ਕਮਾਉਣਾ ਜ਼ਰੂਰੀ ਹੈ, ਤਾਕਿ ਆਪਣੀ ਤੇ ਘਰ ਆਏ ਸੱਜਣਾਂ ਦੀ ਉਦਰ-ਪੂਰਨਾ ਕਰ ਸਕੇ। ਆਪਣੀ ਰੋਜ਼ੀ ਦਾ ਭਾਰ ਹੋਰਨਾਂ ਉੱਤੇ ਪਾ ਦੇਣਾ—ਨਾਂਹ ਇਹ ਸਿੱਖਿਆ ਗੁਰੂ ਨਾਨਕ ਦੇਵ ਜੀ ਦੀ ਹੈ, ਤੇ ਨਾਂਹ ਹੀ ਕਬੀਰ ਜੀ ਦੀ, ਜਿਨ੍ਹਾਂ ਦੀ ਇਹ ਬਾਣੀ ਸਤਿਗੁਰੂ ਜੀ ਇਤਨੇ ਪਿਆਰ ਨਾਲ ਸਾਂਭ ਕੇ ਲਿਆਏ ਸਨ। ਹਾਂ, ਇਕ ਗੱਲ ਅਗਲੇ ਹੀ ਸ਼ਬਦ ਨੰ: ੭ ਵਿਚ ਕਬੀਰ ਜੀ ਨੇ ਸਾਫ਼ ਦੱਸੀ ਹੈ ਕਿ ਉਹ ਮਾਇਆ ਨੂੰ ਆਪਣੀ ਜਿੰਦ-ਜਾਨ ਬਣਾਉਣ ਨੂੰ ਤਿਆਰ ਨਹੀਂ ਸਨ।

ਗੋਂਡ ॥ ਖਸਮੁ ਮਰੈ ਤਉ ਨਾਰਿ ਨ ਰੋਵੈ ॥ ਉਸੁ ਰਖਵਾਰਾ ਅਉਰੋ ਹੋਵੈ ॥ ਰਖਵਾਰੇ ਕਾ ਹੋਇ ਬਿਨਾਸ ॥ ਆਗੈ ਨਰਕੁ, ਈਹਾ ਭੋਗ ਬਿਲਾਸ॥ ੧॥ ਏਕ ਸੁਹਾਗਨਿ ਜਗਤ ਪਿਆਰੀ ॥ ਸਗਲੇ ਜੀਅ ਜੰਤ ਕੀ ਨਾਰੀ॥ ੧ ॥ ਰਹਾਉ ॥ ਸੋਹਾਗਨਿ ਗਲਿ ਸੋਹੈ ਹਾਰੁ ॥ ਸੰਤ ਕਉ ਬਿਖੁ, ਬਿਗਸੈ ਸੰਸਾਰੁ ॥ ਕਰਿ ਸੀਗਾਰੁ ਬਹੈ ਪਖਿਆਰੀ ॥ ਸੰਤ ਕੀ ਠਿਠਕੀ ਫਿਰੈ ਬਿਚਾਰੀ ॥ ੨ ॥ ਸੰਤ ਭਾਗਿ ਓਹ ਪਾਛੈ ਪਰੈ ॥ ਗੁਰ ਪਰਸਾਦੀ ਮਾਰਹੁ ਡਰੈ ॥ ਸਾਕਤ ਕੀ ਓਹ ਪਿੰਡ ਪਰਾਇਣਿ ॥ ਹਮ ਕਉ ਦ੍ਰਿਸਟਿ ਪਰੈ ਤ੍ਰਖਿ ਡਾਇਣਿ ॥ ੩ ॥ ਹਮ ਤਿਸ ਕਾ ਬਹੁ ਜਾਨਿਆ ਭੇਉ ॥ ਜਬ ਹੂਏ ਕ੍ਰਿਪਾਲ ਮਿਲੇ ਗੁਰਦੇਉ ॥ ਕਹੁ ਕਬੀਰ, ਅਬ ਬਾਹਰਿ ਪਰੀ ॥ ਸੰਸਾਰੈ ਕੈ ਅੰਚਲਿ ਲਰੀ ॥੪॥੪॥੭॥ [ਪੰਨਾ ੮੭੧]

ਪਦ ਅਰਥ:—ਖਸਮ—ਮਾਲਕ, ਮਨੁੱਖ। ਨਾਰਿ—ਮਾਇਆ। ਈਹਾ—ਇੱਥੇ, ਇਸ ਜੀਵਨ ਵਿਚ। ੧।

ਗਲਿ—ਗਲ ਵਿਚ। ਸੋਹੈ—ਸੁਹਣਾ ਲੱਗਦਾ ਹੈ। ਬਿਖੁ—ਜ਼ਹਿਰ। ਬਿਗਸੈ—ਖ਼ੁਸ਼ ਹੁੰਦਾ ਹੈ। ਪਖਿਆਰੀ—ਵੇਸਵਾ। ਠਿਠਕੀ—ਫਿਟਕਾਰੀ ਹੋਈ। ੨।

ਓਹ—ਉਹ ਮਾਇਆ। ਮਾਰਹੁ—(ਸੰਤਾਂ ਦੀ) ਮਾਰ ਤੋਂ। ਪਿੰਡ ਪਰਾਇਣਿ—ਸਰੀਰ ਦਾ ਆਸਰਾ, ਜਿੰਦ-ਜਾਨ। ਦ੍ਰਿਸਟਿ ਪਰੈ—ਦਿੱਸਦੀ ਹੈ। ਤ੍ਰਖਿ—ਤ੍ਰਿਖੀ, ਭਿਆ-ਨਕ। ੩।

ਭੇਉ—ਭੇਤ। ਬਾਹਰਿ ਪਰੀ—ਮਨ ਵਿਚੋਂ ਨਿਕਲ ਗਈ ਹੈ। ਅੰਚਲਿ—ਪੱਲੇ। ਲਰੀ—ਲੱਗੀ। ੪।

ਅਰਥ :—(ਇਹ ਮਾਇਆ) ਇਕ ਐਸੀ ਸੁਹਾਗਣ ਨਾਰ ਹੈ ਜਿਸ ਨੂੰ ਸਾਰਾ ਜਗਤ ਪਿਆਰ ਕਰਦਾ ਹੈ, ਸਾਰੇ ਜੀਆ ਜੰਤ ਇਸ ਨੂੰ ਆਪਣੀ ਇਸਤ੍ਰੀ ਬਣਾ ਕੇ ਰੱਖਣਾ ਚਾਹੁੰਦੇ ਹਨ (ਆਪਣੇ ਵੱਸ ਵਿਚ ਰੱਖਣਾ ਚਾਹੁੰਦੇ ਹਨ)। ੧। ਰਹਾਉ।

(ਪਰ ਇਸ ਮਾਇਆ ਨੂੰ ਇਸਤ੍ਰੀ ਬਣਾ ਕੇ ਰੱਖਣ ਵਾਲਾ) ਮਨੁੱਖ (ਆਖ਼ਰ) ਮਰ ਜਾਂਦਾ ਹੈ, ਇਹ (ਮਾਇਆ) ਵਹੁਟੀ (ਉਸ ਦੇ ਮਰਨ ਤੇ) ਰੋਂਦੀ ਭੀ ਨਹੀਂ, ਕਿਉਂਕਿ ਇਸ ਦਾ ਰਾਖਾ (ਖਸਮ) ਕੋਈ ਧਿਰ ਹੋਰ ਬਣ ਜਾਂਦਾ ਹੈ (ਸੋ, ਇਹ ਕਦੇ ਭੀ ਰੰਡੀ ਨਹੀਂ ਹੁੰਦੀ)। (ਇਸ ਮਾਇਆ ਦਾ) ਰਾਖਾ ਮਰ ਜਾਂਦਾ ਹੈ, ਮਨੁੱਖ ਇੱਥੇ ਇਸ ਮਾਇਆ ਦੇ ਭੋਗਾਂ (ਵਿਚ ਮਸਤ ਰਹਿਣ) ਕਰਕੇ ਅਗਾਂਹ (ਆਪਣੇ ਲਈ) ਨਰਕ ਸਹੇੜਦਾ ਹੈ।੧।

ਇਸ ਸੋਹਾਗਣ ਨਾਰ ਦੇ ਗਲ ਵਿਚ ਹਾਰ ਸੋਭਦਾ ਹੈ,(ਭਾਵ, ਜੀਵਾਂ ਦੇ ਮਨ ਮੋਹਣ ਨੂੰ ਸਦਾ ਸੁਹਣੀ ਬਣੀ ਰਹਿੰਦੀ ਹੈ)। (ਇਸ ਨੂੰ ਵੇਖ ਵੇਖ ਕੇ) ਜਗਤ ਖ਼ੁਸ਼ ਹੁੰਦਾ ਹੈ, ਪਰ ਸੰਤਾਂ ਨੂੰ ਇਹ ਜ਼ਹਿਰ (ਵਾਂਗ) ਦਿੱਸਦੀ ਹੈ। ਵੇਸਵਾ (ਵਾਂਗ) ਸਦਾ ਸ਼ਿੰਗਾਰ ਕਰੀ ਰੱਖਦੀ ਹੈ, ਪਰ ਸੰਤਾਂ ਦੀ ਫਿਟਕਾਰੀ ਹੋਈ ਵਿਚਾਰੀ (ਸੰਤਾਂ ਤੋਂ) ਪਰੇ ਪਰੇ ਹੀ ਫਿਰਦੀ ਹੈ। ੨।

(ਇਹ ਮਾਇਆ) ਭੱਜ ਕੇ ਸੰਤਾਂ ਦੇ ਲੜ ਲੱਗਣ ਦੀ ਕੋਸ਼ਸ਼ ਕਰਦੀ ਹੈ, ਪਰ (ਸੰਤਾਂ ਉੱਤੇ) ਗੁਰੂ ਦੀ ਮਿਹਰ ਹੋਣ ਕਰ ਕੇ (ਇਹ ਸੰਤਾਂ ਦੀ) ਮਾਰ ਤੋਂ ਭੀ ਡਰਦੀ ਹੈ (ਇਸ ਵਾਸਤੇ ਨੇੜੇ ਨਹੀਂ ਢੁੱਕਦੀ)। ਇਹ ਮਾਇਆ ਪ੍ਰਭੂ ਨਾਲੋਂ ਟੁੱਟੇ ਹੋਏ ਬੰਦਿਆਂ ਦੀ ਜਿੰਦ-ਜਾਨ ਬਣੀ ਰਹਿੰਦੀ ਹੈ, ਪਰ ਮੈਨੂੰ ਤਾਂ ਇਹ ਭਿਆਨਕ ਡੈਣ ਦਿੱਸਦੀ ਹੈ। ੩।

ਜਦੋਂ ਮੇਰੇ ਸਤਿਗੁਰੂ ਜੀ ਮੇਰੇ ਉੱਤੇ ਦਿਆਲ ਹੋਏ ਤੇ ਮੈਨੂੰ ਮਿਲ ਪਏ, ਤਦੋਂ ਤੋਂ ਮੈਂ ਇਸ ਮਾਇਆ ਦਾ ਭੇਤ ਪਾ ਲਿਆ ਹੈ। ਹੇ ਕਬੀਰ ! ਹੁਣ ਤੂੰ ਬੇਸ਼ੱਕ ਆਖ—ਮੈਥੋਂ ਤਾਂ ਇਹ ਮਾਇਆ ਪਰੇ ਹਟ ਗਈ ਹੈ, ਤੇ ਸੰਸਾਰੀ ਜੀਵਾਂ ਦੇ ਪੱਲੇ ਜਾ ਲੱਗੀ ਹੈ। ੪। ੪। ੭।

ਗੋਂਡ ॥ ਗ੍ਰਿਹਿ ਸੋਭਾ ਜਾ ਕੈ ਰੇ ਨਾਹਿ ॥ ਆਵਤ ਪਹੀਆ ਖੂਧੇ ਜਾਹਿ॥
ਵਾ ਕੈ ਅੰਤਰਿ ਨਹੀ ਸੰਤੋਖੁ ॥ ਬਿਨੁ ਸੋਹਾਗਨਿ, ਲਾਗੈ ਦੋਖੁ ॥ ੧ ॥
ਧਨੁ ਸੋਹਾਗਨਿ ਮਹਾ ਪਵੀਤ ॥ ਤਪੇ ਤਪੀਸਰ ਡੋਲੈ ਚੀਤ ॥੧॥ਰਹਾਉ॥

ਸੋਹਾਗਨਿ ਕਿਰਪਨ ਕੀ ਪੂਤੀ ॥ ਸੇਵਕ ਤਜਿ, ਜਗਤ ਸਿਉ ਸੂਤੀ ॥ ਸਾਧੂ ਕੈ ਠਾਢੀ ਦਰਬਾਰਿ ॥ ਸਰਨਿ ਤੇਰੀ, ਮੋ ਕਉ ਨਿਸਤਾਰਿ ॥੨॥ ਸੋਹਾਗਨਿ ਹੈ ਅਤਿ ਸੁੰਦਰੀ ॥ ਪਗ ਨੇਵਰ ਛਨਕ ਛਨਹਰੀ ॥ ਜਉ ਲਗੁ ਪ੍ਰਾਨ ਤਊ ਲਗੁ ਸੰਗੇ ॥ ਨਾਹਿ ਤ ਚਲੀ ਬੇਗਿ ਉਠਿ ਨੰਗੇ ॥੩॥ ਸੋਹਾਗਨਿ ਭਵਨ ਤ੍ਰੈ ਲੀਆ ॥ ਦਸ ਅਠ ਪੁਰਾਣ ਤੀਰਥ ਰਸ ਕੀਆ ॥ ਬ੍ਰਹਮਾ ਬਿਸਨੁ ਮਹੇਸਰ ਬੇਧੇ ॥ ਬਡੇ ਭੂਪਤਿ ਰਾਜੇ ਹੈ ਛੇਧੇ ॥੪॥ ਸੋਹਾਗਨਿ ਉਰਵਾਰਿ ਨ ਪਾਰਿ ॥ ਪਾਂਚ ਨਾਰਦ ਕੈ ਸੰਗਿ ਬਿਧ ਵਾਰਿ ॥ ਪਾਂਚ ਨਾਰਦ ਕੇ ਮਿਟਵੇ ਫੂਟੇ ॥ ਕਹੁ ਕਬੀਰ, ਗੁਰ ਕਿਰਪਾ ਛੂਟੇ ॥੫॥੫॥੮॥ [ਪੰਨਾ ੮੭੨]

ਪਦ ਅਰਥ :–ਗ੍ਰਿਹਿ–ਘਰ ਵਿਚ। ਜਾ ਕੈ ਗ੍ਰਿਹਿ–ਜਿਸ ਦੇ ਘਰ ਵਿਚ। ਸੋਭਾ–ਮਾਇਆ। ਰੇ–ਹੇ ਭਾਈ ! ਪਹੀਆ–ਰਾਹੀ, ਪਾਂਧੀ, ਅੱਭਿਆਗਤ। ਖੁਧੇ–ਭੁੱਖੇ। ਵਾ ਕੈ ਅੰਤਰਿ–ਉਸ ਗ੍ਰਿਹਸਤੀ ਦੇ ਮਨ ਵਿਚ ਭੀ। ਸੰਤੋਖੁ–ਖ਼ੁਸ਼ੀ, ਧਰਵਾਸ। ਸੋਹਾਗਨਿ–ਇਹ ਸਦਾ ਖਸਮ-ਵਤੀ ਰਹਿਣ ਵਾਲੀ ਮਾਇਆ। ਦੋਖੁ–ਦੋਸ਼, ਐਬ।੧।

ਧਨੁ–ਮੁਬਾਰਿਕ। ਪਵੀਤ–ਪਵਿੱਤਰ।੧। ਰਹਾਉ।

ਕਿਰਪਨ–ਕੰਜੂਸ। ਪੂਤੀ-ਪੁੱਤਰੀ। ਸੇਵਕ ਤਜਿ–ਪ੍ਰਭੂ ਦੇ ਭਗਤਾਂ ਨੂੰ ਛੱਡ ਕੇ। ਠਾਢੀ–ਖਲੋਤੀ। ਦਰਬਾਰਿ–ਦਰ ਤੇ।੨।

ਪਗ–ਪੈਰਾਂ ਵਿਚ। ਨੇਵਰ–ਝਾਂਜਰਾਂ। ਬੇਗਿ–ਛੇਤੀ।੩।

ਲੀਆ–ਵੱਸ ਕੀਤੇ ਹੋਏ ਹਨ। ਦਸ ਅਠ–ਅਠਾਰਾਂ। ਰਸ–ਪਿਆਰ। ਬੇਧੇ–ਵਿੱਝੇ ਹੋਏ। ਭੂਪਤਿ–ਰਾਜੇ [ਭੂ-ਧਰਤੀ। ਪਤਿ–ਮਾਲਕ]। ਛੇਧੇ–ਵਿੰਨ੍ਹੇ ਹੋਏ।੪।

ਉਰਵਾਰਿ–ਉਰਲਾ ਬੰਨਾ। ਪਾਂਚ ਕੈ ਸੰਗਿ–ਪੰਜਾਂ ਦੇ ਨਾਲ। ਨਾਰਦ–[ਬ੍ਰਹਮਾ ਦੇ ਮਨ ਤੋਂ ਜੰਮੇ ਦਸ ਪੁੱਤਰਾਂ ਵਿਚੋਂ ਇਕ ਦਾ ਨਾਮ ਨਾਰਦ ਸੀ। ਦੇਵਤਿਆਂ ਤੇ ਮਨੁੱਖਾਂ ਵਿਚ ਝਗੜੇ ਪੁਆਉਣ ਦਾ ਇਸਨੂੰ ਸ਼ੌਕ ਸੀ] ਗਿਆਨ-ਇੰਦ੍ਰੇ ਜੋ ਮਾਇਆ ਦੇ ਪ੍ਰਭਾਵ ਵਿਚ ਆ ਕੇ ਮਨੁੱਖ ਦੇ ਆਤਮਕ ਜੀਵਨ ਵਿਚ ਗੜਬੜ ਪਾਂਦੇ ਹਨ। ਬਿਧ ਵਾਰਿ–[ਵਿਧ–penatration, ਵਿੰਨ੍ਹਣਾ] ਬਿਧ ਵਾਰੀ, ਵਿੰਨ੍ਹਣ ਵਾਲੀ, ਮਿਲੀ ਹੋਈ। ਮਿਟਵੇ –ਮਿੱਟੀ ਦੇ ਭਾਂਡੇ। ਫੂਟੇ–ਟੁੱਟ ਗਏ।੫।

ਅਰਥ :–ਸਦਾ ਖਸਮ-ਵਤੀ ਰਹਿਣ ਵਾਲੀ ਮਾਇਆ ਧੰਨ ਹੈ, (ਇਹ ਮਾੜੀ ਨਹੀਂ) ਬੜੀ ਪਵਿੱਤਰ ਹੈ, (ਇਸ ਤੋਂ ਬਿਨਾ) ਵੱਡੇ ਵੱਡੇ ਤਪੀਆਂ ਦੇ ਮਨ (ਭੀ) ਡੋਲ ਜਾਂਦੇ ਹਨ (ਭਾਵ, ਜੇ ਸਰੀਰ ਦੇ ਨਿਰਬਾਹ ਲਈ ਮਾਇਆ ਨਾਹ ਮਿਲੇ ਤਾਂ ਤਪੀ ਭੀ

ਘਾਬਰ ਜਾਂਦੇ ਹਨ)। ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਘਰ ਵਿਚ (ਘਰ ਦੀ ਸੁਹੱਪਣ) ਮਾਇਆ ਨਹੀਂ ਹੈ, ਉਸ ਘਰ ਆਏ ਪਾਂਧੀ ਭੁੱਖੇ ਚਲੇ ਜਾਂਦੇ ਹਨ, ਉਸ ਘਰ ਦੇ ਮਾਲਕ ਦੇ ਹਿਰਦੇ ਵਿਚ ਭੀ ਧਰਵਾਸ ਨਹੀਂ ਬਣਦਾ। ਸੋ, ਮਾਇਆ ਤੋਂ ਬਿਨਾ ਗ੍ਰਿਹਸਤੀ ਉੱਤੇ ਗਿਲ੍ਹਾ ਆਉਂਦਾ ਹੈ।੧।

ਪਰ ਇਹ ਮਾਇਆ ਸ਼ੂਮਾਂ ਦੀ ਧੀ ਬਣ ਕੇ ਰਹਿੰਦੀ ਹੈ, (ਭਾਵ, ਸ਼ੂਮ ਇਕੱਠੀ ਹੀ ਕਰੀ ਜਾਂਦਾ ਹੈ, ਵਰਤਦਾ ਨਹੀਂ) ਪ੍ਰਭੂ ਦੇ ਸੇਵਕਾਂ ਤੋਂ ਬਿਨਾ ਹੋਰ ਸਭ ਨੂੰ ਇਸ ਨੇ ਆਪਣੇ ਵੱਸ ਵਿਚ ਕੀਤਾ ਹੋਇਆ ਹੈ। ਭਗਤ-ਜਨ ਦੇ ਦਰ ਤੇ ਖਲੋਤੀ (ਪੁਕਾਰਦੀ ਹੈ ਕਿ) ਮੈਂ ਤੇਰੀ ਸ਼ਰਨ ਆਈ ਹਾਂ, ਮੈਨੂੰ ਬਚਾ ਲੈ।੨।

ਮਾਇਆ ਬੜੀ ਸੁਹਣੀ ਹੈ। ਇਸ ਦੇ ਪੈਰੀਂ, ਮਾਨੋ, ਝਾਂਜਰਾਂ ਛਣ-ਛਣ ਕਰ ਰਹੀਆਂ ਹਨ। (ਉਂਞ) ਜਦ ਤਕ ਮਨੁੱਖ ਦੇ ਅੰਦਰ ਜਿੰਦ ਹੈ ਤਦ ਤਕ ਹੀ ਇਹ ਨਾਲ ਰਹਿੰਦੀ ਹੈ ਨਹੀਂ ਤਾਂ(ਭਾਵ, ਜਿੰਦ ਨਿਕਲਦਿਆਂ ਹੀ)ਇਹ ਭੀ ਨੰਗੀ ਪੈਰੀਂ ਉੱਠ ਭੱਜਦੀ ਹੈ (ਭਾਵ, ਉਸੇ ਵੇਲੇ ਸਾਥ ਛੱਡ ਜਾਂਦੀ ਹੈ)।੩।

ਇਸ ਮਾਇਆ ਨੇ ਸਾਰੇ ਜਗਤ ਦੇ ਜੀਵਾਂ ਨੂੰ ਵੱਸ ਕੀਤਾ ਹੋਇਆ ਹੈ, ਅਠਾਰਾਂ ਪੁਰਾਨ ਪੜ੍ਹਨ ਵਾਲੇ ਤੇ ਤੀਰਥਾਂ ਉੱਤੇ ਜਾਣ ਵਾਲਿਆਂ ਨੂੰ ਭੀ ਮੋਹ ਲਿਆ ਹੈ, ਬ੍ਰਹਮਾ, ਵਿਸ਼ਨੂ ਤੇ ਸ਼ਿਵ (ਵਰਗੇ ਦੇਵਤੇ) ਇਸ ਨੇ ਵਿੰਨ੍ਹ ਰੱਖੇ ਹਨ, ਸਭ ਰਾਜੇ ਰਾਣੇ ਭੀ ਇਸ ਨੇ ਨਕੇਲੇ ਹੋਏ ਹਨ।੪।

ਇਹ ਮਾਇਆ ਵੱਡੇ ਪਸਾਰੇ ਵਾਲੀ ਹੈ, ਇਸ ਦਾ ਅੰਤ ਨਹੀਂ ਪੈ ਸਕਦਾ; ਪੰਜਾਂ ਹੀ ਗਿਆਨ-ਇੰਦ੍ਰਿਆਂ ਨਾਲ ਰਲੀ-ਮਿਲੀ ਰਹਿੰਦੀ ਹੈ। ਪਰ, ਹੇ ਕਬੀਰ! ਤੂੰ ਆਖ- ਮੈਂ ਸਤਿਗੁਰੂ ਦੀ ਕਿਰਪਾ ਨਾਲ ਇਸ (ਦੀ ਮਾਰ) ਤੋਂ ਬਚ ਗਿਆ ਹਾਂ, ਕਿਉਂਕਿ ਮੇਰੇ ਪੰਜੇ ਹੀ ਇੰਦ੍ਰਿਆਂ ਦੇ ਭਾਂਡੇ ਭੱਜ ਗਏ ਹਨ (ਭਾਵ, ਗਿਆਨ-ਇੰਦ੍ਰਿਆਂ ਉੱਤੇ ਇਸ ਮਾਇਆ ਦਾ ਪ੍ਰਭਾਵ ਨਹੀਂ ਪੈਂਦਾ)।੫।੫।੮।

ਗੋਂਡ ॥ ਜੈਸੇ ਮੰਦਰ ਮਹਿ ਬਲਹਰ, ਨਾ ਠਾਹਰੈ ॥ ਨਾਮ ਬਿਨਾ ਕੈਸੇ ਪਾਰਿ ਉਤਰੈ ॥ ਕੁੰਭ ਬਿਨਾ ਜਲੁ ਨਾ ਟੀਕਾਵੈ ॥ ਸਾਧੂ ਬਿਨੁ ਐਸੇ ਅਬਗਤੁ ਜਾਵੈ ॥ ੧ ॥ ਜਾਰਉ ਤਿਸੈ, ਜੁ ਰਾਮੁ ਨ ਚੇਤੈ ॥ ਤਨ ਮਨ ਰਮਤ ਰਹੈ ਮਹਿ ਖੇਤੈ ॥੧॥ ਰਹਾਉ ॥ ਜੈਸੇ ਹਲਹਰ ਬਿਨਾ ਜਿਮੀ ਨਹੀ ਬੋਈਐ ॥ ਸੂਤ ਬਿਨਾ ਕੈਸੇ ਮਣੀ ਪਰੋਈਐ ॥ ਘੁੰਡੀ ਬਿਨੁ ਕਿਆ ਗੰਠਿ ਚੜ੍ਹਾਈਐ ॥ ਸਾਧੂ ਬਿਨੁ ਤੈਸੇ ਅਬਗਤੁ ਜਾਈਐ ॥ ੨ ॥ ਜੈਸੇ ਮਾਤ ਪਿਤਾ ਬਿਨੁ

ਝਾਲੁ ਨ ਹੋਈ ॥ ਬਿੰਬ ਬਿਨਾ ਕੈਸੇ ਕਪਰੇ ਧੋਈ ॥ ਘੋਰ ਬਿਨਾ ਕੈਸੇ ਅਸਵਾਰ ॥ ਸਾਧੂ ਬਿਨੁ ਨਾਹੀ ਦਰਵਾਰ ॥ ੩ ॥ ਜੈਸੇ ਬਾਜੇ ਬਿਨੁ ਨਹੀ ਲੀਜੈ ਫੇਰੀ ॥ ਖਸਮਿ ਦੁਹਾਗਨਿ ਤਜਿ ਅਉਹੇਰੀ ॥ ਕਹਿ ਕਬੀਰ ਏਕੈ ਕਰਿ ਕਰਨਾ ॥ ਗੁਰਮੁਖਿ ਹੋਇ ਬਹੁਰਿ ਨਹੀ ਮਰਨਾ ॥ ੪ ॥ ੬ ॥ ੯ ॥ [ਪੰਨਾ ੮੭੨]

ਪਦ ਅਰਥ :—ਮੰਦਰ—ਘਰ । ਬਲਹਰ—ਵਲਾ, ਸ਼ਤੀਰ । ਠਾਹਰੈ—ਟਿਕਦਾ । ਕੁੰਭ—ਘੜਾ । ਸਾਧੂ—ਗੁਰੂ । ਅਬਗਤੁ—ਅਵਗਤਾ ਗਤੀ ਤੋਂ ਬਿਨਾ, ਮੁਕਤੀ ਤੋਂ ਬਿਨਾ, ਭੈੜੇ ਹਾਲ ਹੀ । ੧ ।

ਜਾਰਉ—ਮੈਂ ਸਾੜ ਦਿਆਂ । ਤਿਸੈ—ਉਸ (ਨਾਮ ਨੂੰ) । ਤਨ ਮਨ—ਤਨੋਂ ਮਨੋਂ, ਪੂਰਨ ਤੌਰ ਤੇ । ਰਮਤ ਰਹੈ—ਮਾਣਦਾ ਰਹੇ । ਮਹਿ ਖੇਤੈ—ਖੇਤੈ ਮਹਿ, ਸਰੀਰ ਵਿਚ ਹੀ, ਸਰੀਰਕ ਭੋਗਾਂ ਵਿਚ ਹੀ । ੧ । ਰਹਾਉ ।

ਹਲਹਰ—ਹਲਧਰ, ਕਿਸਾਨ । ਜਿਮੀ—ਭੋਇੰ, ਜ਼ਮੀਨ । ਮਣੀ—ਮਣਕੇ । ਗੰਠਿ—ਗੰਢ । ੨ ।

ਬਿੰਬ—ਪਾਣੀ । ਘੋਰ—ਘੋੜਾ । ਦਰਵਾਰ—ਪ੍ਰਭੂ ਦਾ ਦਰ । ੩ ।

ਨਹੀ ਲੀਜੈ ਫੇਰੀ—ਨਾਚ ਨਹੀਂ ਹੋ ਸਕਦਾ । ਖਸਮਿ—ਖਸਮ ਨੇ । ਅਉਹੇਰੀ—[skt. अवहेलित Disregarded, rejected ਦੁਰਕਾਰ ਦਿੱਤੀ । ਕਰਨਾ—ਕਰਨ-ਜੋਗ ਕੰਮ । ਬਹੁਰਿ—ਮੁੜ, ਫਿਰ । ੪ ।

ਅਰਥ :—ਮੈਂ ਉਸ (ਮਨ) ਨੂੰ ਸਾੜ ਦਿਆਂ ਜੋ ਪ੍ਰਭੂ ਨੂੰ ਨਹੀਂ ਸਿਮਰਦਾ ਤੇ ਸਦਾ ਸਰੀਰਕ ਭੋਗਾਂ ਵਿਚ ਹੀ ਖਚਿਤ ਰਹਿੰਦਾ ਹੈ । ੧ । ਰਹਾਉ ।

ਜਿਵੇਂ ਘਰ ਵਿਚ ਸ਼ਤੀਰ ਹੈ (ਸ਼ਤੀਰ ਤੋਂ ਬਿਨਾ ਘਰ ਦਾ ਛੱਤ) ਨਹੀਂ ਠਹਿਰ ਸਕਦਾ, ਇਸੇ ਤਰ੍ਹਾਂ ਪ੍ਰਭੂ ਤੇ ਨਾਮ ਤੋਂ ਬਿਨਾ (ਮਨੁੱਖ ਦਾ ਮਨ ਸੰਸਾਰ-ਸਮੁੰਦਰ ਦੇ ਘੁੰਮਣ-ਘੇਰਾਂ ਵਿਚੋਂ)ਪਾਰ ਨਹੀਂ ਲੰਘ ਸਕਦਾ ।ਜਿਵੇਂ ਘੜੇ ਤੋਂ ਬਿਨਾ ਪਾਣੀ ਨਹੀਂ ਟਿਕ ਸਕਦਾ, ਤਿਵੇਂ ਗੁਰੂ ਤੋਂ ਬਿਨਾ (ਮਨੁੱਖ ਦਾ ਮਨ ਨਹੀਂ ਟਿਕਦਾ ਤੇ ਮਨੁੱਖ ਦੁਨੀਆ ਤੋਂ) ਭੈੜੇ ਹਾਲ ਹੀ ਜਾਂਦਾ ਹੈ । ੧ ।

ਜਿਵੇਂ ਕਿਸਾਨ ਤੋਂ ਬਿਨਾ ਜ਼ਮੀਨ ਨਹੀਂ ਬੀਜੀ ਜਾ ਸਕਦੀ, ਸੂਤਰ ਤੋਂ ਬਿਨਾ ਮਣਕੇ ਪਰੋਏ ਨਹੀਂ ਜਾ ਸਕਦੇ,ਘੁੰਡੀ ਤੋਂ ਬਿਨਾ ਗੰਢ ਨਹੀਂ ਪਾਈ ਜਾ ਸਕਦੀ;ਤਿਵੇਂ ਹੀ ਗੁਰੂ ਦੀ ਸ਼ਰਨ ਤੋਂ ਬਿਨਾ ਮਨੁੱਖ ਭੈੜੇ ਹਾਲ ਹੀ ਜਾਂਦਾ ਹੈ । ੨ ।

ਜਿਵੇਂ ਮਾਂ ਪਿਉ (ਦੇ ਮੇਲ) ਤੋਂ ਬਿਨਾ ਬਾਲ ਨਹੀਂ ਜੰਮਦਾ, ਪਾਣੀ ਤੋਂ ਬਿਨਾ ਕੱਪੜੇ ਨਹੀਂ ਧੁਪਦੇ, ਘੋੜੇ ਤੋਂ ਬਿਨਾ ਮਨੁੱਖ ਅਸਵਾਰ ਨਹੀਂ ਅਖਵਾ ਸਕਦਾ, ਤਿਵੇਂ ਗੁਰੂ ਤੋਂ ਬਿਨਾ ਪ੍ਰਭੂ ਦੇ ਦਰ ਦੀ ਪ੍ਰਾਪਤੀ ਨਹੀਂ ਹੁੰਦੀ । ੩ ।

ਸਾਜਾਂ ਤੋਂ ਬਿਨਾ ਜਿਵੇਂ ਨਾਚ ਨਹੀਂ ਹੋ ਸਕਦਾ (ਤਿਵੇਂ ਖਸਮ ਤੋਂ ਬਿਨਾ ਇਸਤ੍ਰੀ ਸੁਹਾਗਣ ਨਹੀਂ ਹੋ ਸਕਦੀ) ਦੁਹਾਗਣ (ਭੈੜੇ ਸੁਭਾਉ ਵਾਲੀ ਇਸਤ੍ਰੀ) ਨੂੰ ਖਸਮ ਨੇ ਤਿਆਗ ਕੇ ਸਦਾ ਦੁਰਕਾਰ ਹੀ ਦਿੱਤਾ ਹੁੰਦਾ ਹੈ।

ਕਬੀਰ ਆਖਦਾ ਹੈ—ਇੱਕੋ ਹੀ ਕਰਨ-ਜੋਗ ਕੰਮ ਕਰ, ਗੁਰੂ ਦੇ ਸਨਮੁਖ ਹੋ (ਤੇ ਨਾਮ ਸਿਮਰ) ਫਿਰ ਫਿਰ ਜੰਮਣਾ-ਮਾਰਨਾ ਨਹੀਂ ਪਏਗਾ। ੪। ੬। ੯।

ਗੋਂਡ ॥ ਕੂਟਨ ਸੋਇ, ਜੁ ਮਨ ਕਉ ਕੂਟੈ ॥ ਮਨ ਕੂਟੈ, ਤਉ ਜਮ ਤੇ ਛੂਟੈ ॥ ਕੁਟਿ ਕੁਟਿ ਮਨੁ ਕਸਵਟੀ ਲਾਵੈ ॥ ਸੋ ਕੂਟਨੁ ਮੁਕਤਿ ਬਹੁ ਪਾਵੈ ॥ ੧ ॥ ਕੂਟਨੁ ਕਿਸੈ ਕਹਹੁ ਸੰਸਾਰ ॥ ਸਗਲ ਬੋਲਨ ਕੇ ਮਾਹਿ ਬੀਚਾਰ ॥ ੧ ॥ ਰਹਾਉ ॥ ਨਾਚਨੁ ਸੋਇ ਜੁ ਮਨ ਸਿਉ ਨਾਚੈ ॥ ਝੂਠਿ ਨ ਪਤੀਐ ਪਰਚੈ ਸਾਚੈ ॥ ਇਸੁ ਮਨ ਆਗੇ ਪੂਰੈ ਤਾਲ ॥ ਇਸੁ ਨਾਚਨ ਕੇ ਮਨ ਰਖਵਾਲ ॥ ੨ ॥ ਬਜਾਰੀ ਸੋ ਜੁ ਬਜਾਰਹਿ ਸੋਧੈ ॥ ਪਾਂਚ ਪਲੀਤਹ ਕਉ ਪਰਬੋਧੈ ॥ ਨਉ ਨਾਇਕ ਕੀ ਭਗਤਿ ਪਛਾਨੈ ॥ ਸੋ ਬਾਜਾਰੀ ਹਮ ਗੁਰ ਮਾਨੇ ॥ ੩ ॥ ਤਸਕਰੁ ਸੋਇ ਜਿ ਤਾਤਿ ਨ ਕਰੈ ॥ ਇੰਦ੍ਰੀ ਕੈ ਜਤਨਿ ਨਾਮੁ ਉਚਰੈ ॥ ਕਹੁ ਕਬੀਰ, ਹਮ ਐਸੇ ਲਖਨ ॥ ਧੰਨੁ ਗੁਰਦੇਵ ਅਤਿ ਰੂਪ ਬਿਚਖਨ ॥ ੪ ॥ ੭ ॥ ੧੦ ॥ [ਪੰਨਾ ੮੭੨]

ਪਦ ਅਰਥ :—ਕੂਟਨ—[Skt. ਕੂਟ=ਕੂੜ, ਠੱਗੀ, ਫ਼ਰੇਬ] ਠੱਗ, ਫ਼ਰੇਬੀ, ਦੱਲਾ; (੨) ਕੁੱਟਣ ਵਾਲਾ। ਛੂਟੈ—ਬਚ ਜਾਂਦਾ ਹੈ। ਕਸਵਟੀ ਲਾਵੈ—ਪਰਖਦਾ ਰਹੇ, ਪੜਤਾਲ ਕਰਦਾ ਰਹੇ। ੧।

ਸੰਸਾਰ—ਹੇ ਸੰਸਾਰ! ਹੇ ਲੋਕੋ! ਬੀਚਾਰ—ਅਰਥ, ਭਾਵ, ਵੱਖੋ-ਵੱਖ ਭਾਵ। ੧। ਰਹਾਉ।

ਨਾਚਨੁ—[Skt. ਨਰ੍ਤਕ A dancer.] ਕੰਜਰ। ਮਨ ਸਿਉ—ਮਨ ਦੀ ਰਾਹੀਂ; ਮਨ ਨਾਲ। ਝੂਠਿ—ਝੂਠ ਵਿਚ। ਪਤੀਐ—ਪਰਚੈ, ਪਰਚਦਾ, ਪਤੀਜਦਾ। ਪੂਰੈ ਤਾਲ—ਤਾਲ ਪੂਰਦਾ ਹੈ, ਨੱਚਣ ਵਿਚ ਸਹਾਇਤਾ ਕਰਨ ਲਈ ਤਾਲ ਦੇਂਦਾ ਹੈ, ਮਨ ਨੂੰ ਆਤਮਕ ਉਮਾਹ ਵਿਚ ਲਿਆਉਣ ਦੇ ਜਤਨ ਕਰਦਾ ਹੈ। ਮਨ—ਮਨ ਦਾ। ੨।

ਬਜਾਰੀ—ਬਜ਼ਾਰਾਂ ਵਿਚ ਫਿਰਨ ਵਾਲਾ, ਮਸ਼ਕਰਾ। ਬਜਾਰਹਿ—ਸਰੀਰ-ਰੂਪ ਬਜ਼ਾਰ ਨੂੰ। ਪਾਂਚ ਪਲੀਤਾ—ਪੰਜ ਅਪਵਿੱਤਰ ਹੋਏ ਇੰਦ੍ਰਿਆਂ ਨੂੰ। ਪਰਬੋਧੈ—ਜਗਾਉਂਦਾ ਹੈ। ਨਉ ਨਾਇਕ—ਨੌਂ ਖੰਡ ਪ੍ਰਿਥਵੀ ਦੇ ਮਾਲਕ। ਹਮ—ਅਸੀਂ, ਮੈਂ। ੩।

ਤਸਕਰੁ—ਚੋਰ। ਤਾਤਿ—ਈਰਖਾ। ਇੰਦ੍ਰੀ ਕੈ ਜਤਨਿ—ਇੰਦ੍ਰੀ ਨੂੰ ਵੱਸ ਕਰਨ ਦੇ

ਜਤਨ ਨਾਲ, ਇੰਦ੍ਰੀ ਨੂੰ ਵੱਸ ਕਰ ਕੇ। ਬਿਚਖਨ–ਸਿਆਣਾ। ੪।

ਅਰਥ :–ਹੇ ਜਗਤ ਦੇ ਲੋਕੋ! ਤੁਸੀ "ਕੂਟਨ" ਕਿਸ ਨੂੰ ਆਖਦੇ ਹੋ? ਸਭ ਲਫ਼ਜ਼ਾਂ ਦੇ ਵਖੋ-ਵਖੋ ਭਾਵ ਹੋ ਸਕਦੇ ਹਨ। ੧। ਰਹਾਉ।

(ਤੁਸੀ 'ਕੂਟਨ' ਠੱਗ ਨੂੰ ਆਖਦੇ ਹੋ, ਪਰ) ਕੂਟਨ ਉਹ ਭੀ ਹੈ ਜੋ ਆਪਣੇ ਮਨ ਨੂੰ ਮਾਰਦਾ ਹੈ ਤੇ ਜੋ ਮਨੁੱਖ ਆਪਣੇ ਮਨ ਨੂੰ ਮਾਰਦਾ ਹੈ ਉਹ ਜਮਾਂ ਤੋਂ ਬਚ ਜਾਂਦਾ ਹੈ। ਜੋ ਮਨੁੱਖ ਮੁੜ ਮੁੜ ਮਨ ਨੂੰ ਮਾਰ ਕੇ (ਫਿਰ ਉਸ ਦੀ) ਜਾਂਚ-ਪੜਤਾਲ ਕਰਦਾ ਰਹਿੰਦਾ ਹੈ, ਉਹ (ਆਪਣੇ ਮਨ ਨੂੰ ਕੁੱਟਣ ਵਾਲਾ) 'ਕੂਟਨ' ਮੁਕਤੀ ਹਾਸਲ ਕਰ ਲੈਂਦਾ ਹੈ। ੧।

(ਤੁਸੀ 'ਨਾਚਨ' ਕੰਜਰ ਨੂੰ ਆਖਦੇ ਹੋ, ਪਰ ਸਾਡੇ ਖ਼ਿਆਲ ਅਨੁਸਾਰ) 'ਨਾਚਨ' ਉਹ ਹੈ ਜੋ (ਸਰੀਰ ਨਾਲ ਨਹੀਂ) ਮਨ ਨਾਲ ਨੱਚਦਾ ਹੈ, ਝੂਠ ਵਿਚ ਨਹੀਂ ਪਰਚਦਾ, ਸੱਚ ਨਾਲ ਪਤੀਜਦਾ ਹੈ, ਮਨ ਨੂੰ ਆਤਮਕ ਉਮਾਹ ਵਿਚ ਲਿਆਉਣ ਦੇ ਜਤਨ ਕਰਦਾ ਹੈ। ਅਜਿਹੇ 'ਨਾਚਨ' ਦੇ ਮਨ ਦਾ ਰਾਖਾ (ਪ੍ਰਭੂ ਆਪ ਬਨਦਾ ਹੈ)। ੨।

(ਤੁਸੀ 'ਬਜਾਰੀ' ਮਸ਼ਕਰੇ ਨੂੰ ਆਖਦੇ ਹੋ, ਪਰ) 'ਬਜਾਰੀ' ਉਹ ਹੈ ਜੋ ਆਪਣੇ ਸਰੀਰ-ਰੂਪ ਬਜ਼ਾਰ ਨੂੰ ਪੜਤਾਲਦਾ ਹੈ, ਪੰਜਾਂ ਹੀ ਵਿਗੜੇ ਹੋਏ ਗਿਆਨ-ਇੰਦ੍ਰਿਆਂ ਨੂੰ ਜਗਾਉਂਦਾ ਹੈ, ਨੌਂ ਖੰਡ ਧਰਤੀ ਦੇ ਮਾਲਕ-ਪ੍ਰਭੂ ਦੀ ਬੰਦਗੀ ਕਰਨ ਦੀ ਜਾਚ ਸਿੱਖਦਾ ਹੈ। ਅਸੀ ਅਜਿਹੇ 'ਬਜਾਰੀ' ਨੂੰ ਵੱਡਾ (ਸ੍ਰੇਸ਼ਟ) ਮਨੁੱਖ ਮੰਨਦੇ ਹਾਂ। ੩।

(ਤੁਸੀ 'ਤਸਕਰ' ਚੋਰ ਨੂੰ ਆਖਦੇ ਹੋ,ਪਰ) 'ਤਸਕਰ' ਉਹ ਹੈ ਜੋ ਤਾਤਿ (ਈਰਖਾ ਨੂੰ ਆਪਣੇ ਮਨ ਵਿਚੋਂ ਚੁਰਾ ਲੈ ਜਾਂਦਾ ਹੈ) ਨਹੀਂ ਕਰਦਾ, ਜੋ ਇੰਦ੍ਰਿਆਂ ਨੂੰ ਵੱਸ ਵਿਚ ਕਰ ਕੇ ਪ੍ਰਭੂ ਦਾ ਨਾਮ ਸਿਮਰਦਾ ਹੈ। ਹੇ ਕਬੀਰ! ਜਿਸ ਦੀ ਬਰਕਤ ਨਾਲ ਮੈਂ ਇਹ ਲੱਛਣ (ਗੁਣ) ਪ੍ਰਾਪਤ ਕੀਤੇ ਹਨ, ਮੇਰਾ ਉਹ ਗੁਰੂ, ਸੁਹਣਾ ਸਿਆਣਾ ਤੇ ਧੰਨਤਾ-ਜੋਗ ਹੈ।

ਨੋਟ–ਇਹ ਕੁਦਰਤੀ ਗੱਲ ਸੀ ਕਿ ਉੱਚੀ ਜਾਤ ਵਾਲੇ ਲੋਕ ਕਬੀਰ ਜੀ ਤੋਂ ਨਫ਼ਰਤ ਕਰਨ ਤੇ ਉਹਨਾਂ ਨੂੰ ਕੋਝੇ ਨਾਵਾਂ ਨਾਲ ਯਾਦ ਕਰਨ। ਪਰ ਕਬੀਰ ਜੀ ਉੱਤੇ ਕਿਸੇ ਦੀ ਈਰਖਾ ਦਾ ਅਸਰ ਨਹੀਂ ਹੁੰਦਾ।

ਗੋਂਡ ॥ ਧੰਨੁ ਗੁਪਾਲ, ਧੰਨੁ ਗੁਰਦੇਵ ॥ ਧੰਨੁ ਅਨਾਦਿ, ਭੂਖੇ ਕਵਲੁ ਟਹਕੇਵ ॥ ਧਨੁ ਓਇ ਸੰਤ, ਜਿਨ ਐਸੀ ਜਾਨੀ ॥ ਤਿਨ ਕਉ ਮਿਲਿਬੋ ਸਾਰਿੰਗਪਾਨੀ ॥ ੧ ॥ ਆਦਿ ਪੁਰਖ ਤੇ ਹੋਇ ਅਨਾਦਿ ॥ ਜਪੀਐ ਨਾਮੁ ਅੰਨ ਕੈ ਸਾਦਿ ॥ ੧ ॥ ਰਹਾਉ ॥ ਜਪੀਐ ਨਾਮੁ ਜਪੀਐ ਅੰਨੁ ॥ ਅੰਭੈ ਕੈ ਸੰਗਿ ਨੀਕਾ ਵੰਨੁ ॥ ਅੰਨੈ ਬਾਹਰਿ ਜੋ ਨਰ ਹੋਵਹਿ ॥ ਤੀਨਿ ਭਵਨ ਮਹਿ

ਅਪਨੀ ਖੋਵਹਿ ॥ ੨ ॥ ਛੋਡਹਿ ਅੰਨੁ ਕਰਹਿ ਪਾਖੰਡ ॥ ਨਾ ਸੋਹਾਗਨਿ ਨਾ ਓਹਿ ਰੰਡ ॥ ਜਗ ਮਹਿ ਬਕਤੇ ਦੂਧਾਧਾਰੀ ॥ ਗੁਪਤੀ ਖਾਵਹਿ ਵਟਿਕਾ ਸਾਰੀ ॥ ੩ ॥ ਅੰਨੈ ਬਿਨਾ ਨ ਹੋਇ ਸੁਕਾਲੁ ॥ ਤਜਿਐ ਅੰਨਿ, ਨ ਮਿਲੈ ਗੁਪਾਲੁ ॥ ਕਹੁ ਕਬੀਰ, ਹਮ ਐਸੇ ਜਾਨਿਆ ॥ ਧੰਨੁ ਅਨਾਦਿ, ਠਾਕੁਰ ਮਨੁ ਮਾਨਿਆ ॥੪॥੮॥੧੧। [ਪੰਨਾ ੮੭੩]

ਪਦ ਅਰਥ :–ਧੰਨੁ–[Skt. धन्य–1. Bestowing wealth 2. wealthy, rich, 3. good, excellent, virtuous, 4. blessed, fortunate, lucky] ਭਾਗਾਂ ਵਾਲਾ, ਸੁਹਣਾ, ਗੁਣਵਾਨ । ਗੁਪਾਲ–ਧਰਤੀ ਦਾ ਪਾਲਣ ਵਾਲਾ ਪ੍ਰਭੂ। ਗੁਰਦੇਵ–ਸਤਿਗੁਰੂ । ਅਨਾਦਿ–ਅੰਨ ਆਦਿ, ਅਨਾਜ । ਕਵਲੁ–ਹਿਰਦਾ । ਟਹਕੇਵ–ਟਹਿਕ ਪੈਂਦਾ ਹੈ, ਖਿੜ ਪੈਂਦਾ ਹੈ । ਜਿਨ–ਜਿਨ੍ਹਾਂ ਨੇ । ਮਿਲਿਬੋ–ਮਿਲੇਗਾ । ਸਾਰਿੰਗ ਪਾਨੀ–ਧਨਖਧਾਰੀ ਪ੍ਰਭੂ । ੧ ।

ਆਦਿ ਪੁਰਖ–ਪਰਮਾਤਮਾ । ਅੰਨ ਕੈ ਸਾਦਿ–ਅੰਨ ਦੇ ਸੁਆਦ ਨਾਲ, ਅੰਨ ਖਾਧਿਆਂ । ੧ । ਰਹਾਉ ।

ਅੰਭ–ਪਾਣੀ । ਵੰਨੁ–ਰੰਗ । ਅਪਨੀ–ਆਪਣੀ (ਇੱਜ਼ਤ) । ੨ ।

ਰੰਡ–ਰੰਡੀਆਂ । ਬਕਤੇ–ਆਖਦੇ ਹਨ । ਦੂਧਾਧਾਰੀ–ਦੂਧ-ਆਧਾਰੀ, ਦੁੱਧ ਦੇ ਆਸਰੇ ਰਹਿਣ ਵਾਲੇ, ਨਿਰਾ ਦੁੱਧ ਪੀ ਕੇ ਜੀਵਨ-ਨਿਰਬਾਹ ਕਰਨ ਵਾਲੇ । ਗੁਪਤੀ–ਲੁਕ ਕੇ । ਵਟਿਕਾ–[Skt. वटिका–A kind of cake or bread made of rice and mash] ਚਉਲ ਤੇ ਮਾਂਹ ਦੀ ਬਣੀ ਹੋਈ ਪਿੰਨੀ ਜਾਂ ਰੋਟੀ । ੩ ।

ਤਜਿਐ ਅੰਨਿ–ਜੇ ਅੰਤ ਤਜਿਆ ਜਾਏ, ਅੰਨ ਛੱਡਿਆਂ । ੪ ।

ਅਰਥ :–(ਹੇ ਭਾਈ !) ਅੰਨ (ਜਿਸ ਨੂੰ ਤਿਆਗਣ ਵਿਚ ਤੁਸੀ ਭਗਤੀ ਸਮਝਦੇ ਹੋ) ਪਰਮਾਤਮਾ ਤੋਂ ਹੀ ਪੈਦਾ ਹੁੰਦਾ ਹੈ, ਤੇ ਪਰਮਾਤਮਾ ਦਾ ਨਾਮ ਭੀ ਅੰਨ ਖਾਧਿਆਂ ਹੀ ਜਪਿਆ ਜਾ ਜਕਦਾ ਹੈ । ੧ । ਰਹਾਉ ।

ਸੋ, ਧੰਨ ਹੈ ਧਰਤੀ ਦਾ ਪਾਲਣ ਵਾਲਾ ਪ੍ਰਭੂ (ਜੋ ਅੰਨ ਪੈਦਾ ਕਰਦਾ ਹੈ), ਧੰਨ ਹੈ ਸਤਿਗੁਰੂ (ਜੋ ਐਸੇ ਪ੍ਰਭੂ ਦੀ ਸੂਝ ਬਖ਼ਸ਼ਦਾ ਹੈ), ਤੇ ਧੰਨ ਹੈ ਅੰਨ ਜਿਸ ਨਾਲ ਭੁੱਖੇ ਮਨੁੱਖ ਦਾ ਹਿਰਦਾ (ਫੁੱਲ ਵਾਂਗ) ਟਹਿਕ ਪੈਂਦਾ ਹੈ । ਉਹ ਸੰਤ ਭੀ ਭਾਗਾਂ ਵਾਲੇ ਹਨ ਜਿਨ੍ਹਾਂ ਨੂੰ ਇਹ ਸਮਝ ਆਈ ਹੈ (ਕਿ ਅੰਨ ਨਿੰਦਣ-ਜੋਗ ਨਹੀਂ ਹੈ ਤੇ ਅੰਨ ਖਾ ਕੇ ਪ੍ਰਭੂ ਨੂੰ ਸਿਮਰਦੇ ਹਨ), ਉਹਨਾਂ ਨੂੰ ਪਰਮਾਤਮਾ ਮਿਲਦਾ ਹੈ । ੧ ।

(ਤਾਂ ਤੇ) ਪ੍ਰਭੂ ਦਾ ਨਾਮ ਸਿਮਰਨਾ ਚਾਹੀਦਾ ਹੈ ਤੇ ਅੰਨ ਨੂੰ ਭੀ ਪਿਆਰ ਕਰਨਾ ਚਾਹੀਦਾ ਹੈ (ਭਾਵ, ਅੰਨ ਤੋਂ ਤਰਕ ਕਰਨ ਦੇ ਥਾਂ ਅੰਨ ਨੂੰ ਇਉਂ ਸਹਿਜੇ ਸਹਿਜੇ ਪ੍ਰੀਤ ਨਾਲ ਛਕੋ ਜਿਵੇਂ ਅਡੋਲ ਹੋ ਕੇ ਪਿਆਰ ਨਾਲ ਨਾਮ ਸਿਮਰਨਾ ਹੈ) । (ਵੇਖੋ, ਜਿਸ ਪਾਣੀ ਨੂੰ ਰੋਜ਼ ਵਰਤਦੇ ਹੋ, ਉਸੇ) ਪਾਣੀ ਦੀ ਸੰਗਤ ਨਾਲ ਇਸ ਅੰਨ ਦਾ ਕਿਹਾ ਸੁਹਣਾ ਰੰਗ ਨਿਕਲਦਾ ਹੈ ! (ਜੇ ਪਾਣੀ ਵਰਤਣ ਵਿਚ ਪਾਪ ਨਹੀਂ ਤਾਂ ਅੰਨ ਤੋਂ ਨਫ਼ਰਤ ਕਿਉਂ ?) । ਜੋ ਮਨੁੱਖ ਅੰਨ ਤੋਂ ਤਰਕ ਕਰਦੇ ਹਨ ਉਹ ਸਭ ਥਾਂ ਆਪਣੀ ਇੱਜ਼ਤ ਗਵਾਉਂਦੇ ਹਨ (ਭਾਵ, ਅੰਨ ਦਾ [ ]ਾਗ ਕੋਈ ਐਸਾ ਕੰਮ ਨਹੀਂ ਜਿਸ ਨੂੰ ਦੁਨੀਆ ਪਸੰਦ ਕਰੇ) । ੨ ।

ਜੋ ਲੋਕ ਅੰਨ ਛੱਡ ਦੇਂਦੇ ਹਨ ਤੇ (ਇਹ) ਪਖੰਡ ਕਰਦੇ ਹਨ, ਉਹ (ਉਹਨਾਂ ਕੁਚੱਜੀਆਂ ਜ਼ਨਾਨੀਆਂ ਵਾਂਗ ਹਨ ਜੋ) ਨਾਹ ਸੋਹਾਗਣਾਂ ਹਨ ਨਾਹ ਰੰਡੀਆਂ । (ਅੰਨ ਛੱਡਣ ਵਾਲੇ ਸਾਧੂ,) ਲੋਕਾਂ ਵਿਚ ਆਖਦੇ ਫਿਰਦੇ ਹਨ, ਅਸੀ ਨਿਰਾ ਦੁੱਧ ਪੀ ਕੇ ਹੀ ਨਿਰਬਾਹ ਕਰਦੇ ਹਾਂ, ਪਰ ਚੋਰੀ ਚੋਰੀ ਸਾਰੀ ਦੀ ਸਾਰੀ ਪਿੰਨੀ ਖਾਂਦੇ ਹਨ । ੩ ।

ਅੰਨ ਤੋਂ ਬਗ਼ੈਰ ਸੁਕਾਲ ਨਹੀਂ ਹੋ ਸਕਦਾ, ਅੰਨ ਛੱਡਿਆਂ ਰੱਬ ਨਹੀਂ ਮਿਲਦਾ । ਹੇ ਕਬੀਰ ! (ਬੇਸ਼ੱਕ) ਆਖ—ਸਾਨੂੰ ਇਹ ਨਿਸ਼ਚਾ ਹੈ ਕਿ ਅੰਨ ਬੜਾ ਸੁੰਦਰ ਪਦਾਰਥ ਹੈ ਜਿਸ ਨੂੰ ਖਾਧਿਆਂ (ਸਿਮਰਨ ਕਰ ਕੇ) ਸਾਡਾ ਮਨ ਪਰਮਾਤਮਾ ਨਾਲ ਜੁੜਦਾ ਹੈ । ੪ । ੮ । ੧੧ ।

—o—

ੴ ਸਤਿਗੁਰ ਪ੍ਰਸਾਦਿ ॥

ਰਾਗੁ ਗੋਂਡ ਬਾਣੀ ਨਾਮਦੇਉ ਜੀ ਕੀ ਘਰੁ ੧

ਅਸੁਮੇਧ ਜਗਨੇ ॥ ਤੁਲਾ ਪੁਰਖ ਦਾਨੇ ॥ ਪ੍ਰਾਗ ਇਸਨਾਨੇ ॥ ੧ ॥ ਤਉ ਨ ਪੁਜਹਿ ਹਰਿ ਕੀਰਤਿ ਨਾਮਾ ॥ ਅਪੁਨੇ ਰਾਮਹਿ ਭਜੁ ਰੇ ਮਨ ਆਲਸੀਆ ॥੧॥ਰਹਾਉ॥ ਗਇਆ ਪਿੰਡੁ ਭਰਤਾ ॥ ਬਨਾਰਸਿ ਅਸਿ ਬਸਤਾ ॥ ਮੁਖਿ ਬੇਦ ਚਤੁਰ ਪੜਤਾ ॥ ੨ ॥ ਸਗਲ ਧਰਮ ਅਛਿਤਾ ॥ਗੁਰ ਗਿਆਨ ਇੰਦ੍ਰੀ ਦ੍ਰਿੜਤਾ ॥ ਖਟੁ ਕਰਮ ਸਹਿਤ ਰਹਤਾ ॥ ੩ ॥ ਸਿਵਾ ਸਕਤਿ ਸੰਬਾਦੰ ॥ ਮਨ ਛੋਡਿ ਛੋਡਿ ਸਗਲ ਭੇਦੰ ॥ ਸਿਮਰਿ ਸਿਮਰਿ ਗੋਬਿੰਦੰ ॥ ਭਜੁ ਨਾਮਾ ਤਰਸਿ ਭਵ ਸਿੰਧੰ ॥੪॥੧॥ [ਪੰਨਾ ੮੭੩]

ਪਦ ਅਰਥ :—ਅਸੁਮੇਧ—[Skt. अश्वमेध:—अश्व: प्रधानतया मेध्यते हिंस्यतेऽत्र] ਵੇਦਕ ਸਮੇ ਸੰਤਾਨ ਦੀ ਖ਼ਾਤਰ ਰਾਜੇ ਇਹ ਜੱਗ ਕਰਦੇ ਸਨ। ਫਿਰ ਉਹ ਰਾਜੇ ਭੀ ਕਰਨ ਲੱਗ ਪਏ ਜੋ ਆਂਢ-ਗੁਆਂਢ ਦੇ ਰਜਵਾੜਿਆਂ ਵਿਚ ਸਭ ਤੋਂ ਵੱਡਾ ਅਖਵਾਉਣਾ ਚਾਹੁੰਦੇ ਸਨ। ਇਕ ਘੋੜਾ ਸਜਾ ਕੇ ਕੁਝ ਸੂਰਬੀਰਾਂ ਦੀ ਨਿਗਰਾਨੀ ਵਿਚ ਇਕ ਸਾਲ ਲਈ ਛੱਡ ਦਿੱਤਾ ਜਾਂਦਾ ਸੀ; ਜਿਸ ਉਪਰੇ ਰਜਵਾੜੇ ਵਿਚੋਂ ਘੋੜਾ ਲੰਘੇ, ਉਹ ਰਾਜਾ ਜਾਂ ਲੜੇ ਜਾਂ ਈਨ ਮੰਨੇ। ਸਾਲ ਪਿੱਛੋਂ ਜਦੋਂ ਉਹ ਘੋੜਾ ਮੁੜ ਆਪਣੇ ਰਾਜ ਵਿਚ ਆਵੇ ਤਾਂ ਜੱਗ ਕੀਤਾ ਜਾਂਦਾ ਸੀ। ਅਜਿਹੇ ੧੦੦ ਜੱਗ ਕੀਤਿਆਂ ਇੰਦਰ ਦੀ ਪਦਵੀ ਮਿਲਦੀ ਮੰਨੀ ਜਾਂਦੀ ਸੀ। ਤਾਹੀਏਂ ਇਹ ਖ਼ਿਆਲ ਬਣਿਆ ਹੋਇਆ ਹੈ ਕਿ ਇੰਦਰ ਇਹਨਾਂ ਜੱਗਾਂ ਦੇ ਰਾਹ ਵਿਚ ਰੋਕ ਪਾਇਆ ਕਰਦਾ ਸੀ। ਤੁਲਾ—ਤੁਲ ਕੇ ਬਰਾਬਰ ਦਾ, ਸਾਵਾਂ। ਪ੍ਰਾਗ—ਹਿੰਦੂ-ਤੀਰਥ; ਇਸ ਸ਼ਹਿਰ ਦਾ ਨਾਮ ਅੱਜ ਕਲ ਅਲਾਹਬਾਦ ਹੈ। ੧।

ਗਇਆ—ਹਿੰਦੂ ਤੀਰਥ, ਜੋ ਹਿੰਦੂ ਦੀਵੇ-ਵੱਟੀ ਖੁਣੋਂ ਮਰ ਜਾਏ ਉਸ ਦੀ ਕਿਰਿਆ ਗਇਆ ਜਾ ਕੇ ਕਰਾਈ ਜਾਂਦੀ ਹੈ। ਪਿੰਡੁ—ਚਉਲਾਂ ਜਾਂ ਜੌਂ ਦੇ ਆਟੇ ਦੇ ਪੇੜੇ ਜੋ ਪਿਤਰਾਂ ਨਿਮਿਤ ਮਣਸੀਦੇ ਹਨ। ਅਸਿ—ਬਨਾਰਸ ਦੇ ਨਾਲ ਵਗਦੀ ਨਦੀ ਦਾ ਨਾਮ ਹੈ। ਮੁਖਿ—ਮੂੰਹੋਂ। ਚਤੁਰ—ਚਾਰ। ੨।

ਅਛਿਤਾ—[Skt. अक्षर] ਸੰਯੁਕਤ। ਦ੍ਰਿੜਤਾ—ਵੱਸ ਵਿਚ ਰੱਖੇ। ਖਟੁ ਕਰਮ—ਛੇ ਕਰਮ (ਵਿੱਦਿਆ ਪੜ੍ਹਨਾ ਤੇ ਪੜ੍ਹਾਉਣਾ, ਜੱਗ ਕਰਨਾ ਤੇ ਕਰਾਉਣਾ, ਦਾਨ ਦੇਣਾ ਤੇ ਲੈਣਾ)। ੩।

ਸਿਵਾ ਸਕਤਿ ਸੰਬਾਦ—ਸ਼ਿਵ ਤੇ ਪਾਰਬਤੀ ਦੀ ਪਰਸਪਰ ਗੱਲ-ਬਾਤ, ਰਾਮਾਇਣ। ਰਾਮਾਇਣ ਦੀ ਸਾਰੀ ਵਾਰਤਾ, ਸ਼ਿਵ ਜੀ ਨੇ ਪਾਰਬਤੀ ਨੂੰ ਇਹ ਵਾਰਤਾ ਵਾਪਰਨ ਤੋਂ ਪਹਿਲਾਂ ਹੀ ਸੁਣਾਈ ਦੱਸੀ ਜਾਂਦੀ ਹੈ। ਭੇਦ—(ਪ੍ਰਭੂ ਨਾਲੋਂ) ਵਿੱਥ ਤੇ ਰੱਖਣ ਵਾਲੇ ਕੰਮ। ਤਰਸਿ—ਤਰੇਂਗਾ। ਤਵਸਿੰਧ—ਭਵ ਸਾਗਰ, ਸੰਸਾਰ-ਸਮੁੰਦਰ। ੪।

ਅਰਥ :—ਜੇ ਕੋਈ ਮਨੁੱਖ ਅਸਮੇਧ ਜੱਗ ਕਰੇ, ਆਪਣੇ ਨਾਲ ਸਾਵਾਂ ਤੋਲ ਕੇ (ਸੋਨਾ ਚਾਂਦੀ ਆਦਿਕ) ਦਾਨ ਕਰੇ ਅਤੇ ਪ੍ਰਾਗ ਆਦਿਕ ਤੀਰਥਾਂ ਤੇ ਇਸ਼ਨਾਨ ਕਰੇ, ੧,

ਤਾਂ ਭੀ ਇਹ ਸਾਰੇ ਕੰਮ ਪ੍ਰਭੂ ਦੇ ਨਾਮ ਦੀ, ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ, ਬਰਾਬਰੀ ਨਹੀਂ ਕਰ ਸਕਦੇ। ਸੋ, ਹੇ ਮੇਰੇ ਆਲਸੀ ਮਨ ! ਅਪਣੇ ਪਿਆਰੇ ਪ੍ਰਭੂ ਨੂੰ ਸਿਮਰ। ੧। ਰਹਾਉ।

ਜੋ ਮਨੁੱਖ ਗਇਆ ਤੀਰਥ ਤੇ ਜਾ ਕੇ ਪਿਤਰਾਂ ਨਿਮਿੱਤ ਪਿੰਡ ਭਰਾਏ, ਜੇ ਕਾਂਸ਼ੀ ਦੇ ਨਾਲ ਵਗਦੀ ਅਸਿ ਨਦੀ ਦੇ ਕੰਢੇ ਰਹਿੰਦਾ ਹੋਵੇ, ਜੇ ਮੂੰਹੋਂ ਚਾਰੇ ਵੇਦ (ਜ਼ਬਾਨੀ) ਪੜ੍ਹਦਾ ਹੋਵੇ, ੨,

ਜੋ ਮਨੁੱਖ ਸਾਰੇ ਕਰਮ ਧਰਮ ਕਰਦਾ ਹੋਵੇ, ਆਪਣੇ ਗੁਰੂ ਦੀ ਸਿੱਖਿਆ ਲੈ ਕੇ ਇੰਦ੍ਰੀਆਂ ਨੂੰ ਕਾਬੂ ਵਿਚ ਰੱਖਦਾ ਹੋਵੇ, ਜੇ ਬ੍ਰਾਹਮਣਾਂ ਵਾਲੇ ਛੇ ਹੀ ਕਰਮ ਸਦਾ ਕਰਦਾ ਰਹੇ, ੩,

ਰਾਮਾਇਣ (ਆਦਿਕ) ਦਾ ਪਾਠ—ਹੇ ਮੇਰੇ ਮਨ ! ਇਹ ਸਾਰੇ ਕਰਮ ਛੱਡ ਦੇਹ, ਛੱਡ ਦੇਹ, ਇਹ ਸਭ ਪ੍ਰਭੂ ਨਾਲੋਂ ਵਿੱਥ ਪਾਣ ਵਾਲੇ ਹੀ ਹਨ। ਹੇ ਨਾਮਦੇਵ ! ਗੋਬਿੰਦ ਦਾ ਭਜਨ ਕਰ, (ਪ੍ਰਭੂ ਦਾ) ਨਾਮ ਸਿਮਰ, (ਨਾਮ ਸਿਮਰਿਆਂ ਹੀ) ਸੰਸਾਰ-ਸਮੁੰਦਰ ਤੋਂ ਪਾਰ ਲੰਘੇਂਗਾ। ੪। ੧।

ਭਾਵ :—ਜੱਗ, ਦਾਨ, ਤੀਰਥ-ਇਸ਼ਨਾਨ ਆਦਿਕ ਕੋਈ ਭੀ ਕਰਮ ਸਿਮਰਨ ਦੀ ਬਰਾਬਰੀ ਨਹੀਂ ਕਰ ਸਕਦਾ।

ਵੇਖੋ, ਰਾਮਕਲੀ ਵਿਚ ਨਾਮਦੇਵ ਜੀ ਦਾ ਸ਼ਬਦ ਨੰ: ੪।

ਗੋਂਡ ॥ ਨਾਦ ਭ੍ਰਮੇ ਜੈਸੇ ਮਿਰਗਾਏ ॥ ਪ੍ਰਾਨ ਤਜੇ ਵਾ ਕੋ ਧਿਆਨੁ ਨ ਜਾਏ ॥ ੧ ॥ ਐਸੇ ਰਾਮਾ ਐਸੇ ਹੇਰਉ ॥ ਰਾਮ ਛੋਡਿ ਚਿਤੁ ਅਨਤ ਨ ਫੇਰਉ ॥ ੧ ॥ ਰਹਾਉ ॥ ਜਿਉ ਮੀਨਾ ਹੇਰੇ ਪਸੂਆਰਾ ॥ ਸੋਨਾ ਗਢਤੇ ਹਿਰੈ ਸੁਨਾਰਾ ॥ ੨ ॥ ਜਿਉ ਬਿਖਈ ਹੇਰੈ ਪਰ ਨਾਰੀ ॥ ਕਉਡਾ ਡਾਰਤ ਹਿਰੈ ਜੁਆਰੀ ॥ ੩ ॥ ਜਹ ਜਹ ਦੇਖਉ ਤਹ ਤਹ ਰਾਮਾ ॥ ਹਰਿ ਕੇ ਚਰਨ ਨਿਤ ਧਿਆਵੈ ਨਾਮਾ ॥ ੪ ॥ ੨ ॥ [ਪੰਨਾ ੮੭੩]

ਪਦ ਅਰਥ :—ਨਾਦ—ਆਵਾਜ਼, ਘੰਡੇਹੇੜੇ ਦੀ ਅਵਾਜ਼, ਹਰਨ ਨੂੰ ਫੜਨ ਲਈ ਘੜੇ ਉੱਤੇ ਖੱਲ ਮੜ੍ਹ ਕੇ ਬਣਾਇਆ ਹੋਇਆ ਸਾਜ, ਇਸ ਦੀ ਅਵਾਜ਼ ਹਰਨ ਨੂੰ ਮੋਹ ਲੈਂਦੀ ਹੈ। ਭ੍ਰਮੈ—ਭਟਕਦਾ ਹੈ, ਦੌੜਦਾ ਹੈ। ਮਿਰਗਾਏ—ਮਿਰਗ, ਹਰਨ। ਵਾ ਕੋ—ਉਸ (ਨਾਦ) ਦਾ। ੧।

ਹੇਰਉ—ਮੈਂ ਵੇਖਦਾ ਹਾਂ। ਅਨਤ—ਹੋਰ ਪਾਸੇ [अन्यत्र]। ਨ ਫੇਰਉ—ਮੈਂ ਨਹੀਂ ਫੇਰਦਾ। ਰਹਾਉ।

ਮੀਨਾ—ਮੱਛੀਆਂ। ਪਸੂਆਰਾ—[पशुहारिन्] ਮਾਹੀਗੀਰ, ਝੀਵਰ। ਗਢਤੇ—ਘੜਦਿਆਂ। ਹਿਰੈ—ਹੇਰੈ, ਗਹੁ ਨਾਲ ਤੱਕਦਾ ਹੈ। ੨।

ਬਿਖਈ—ਵਿਸ਼ਈ ਮਨੁੱਖ। ਹੇਰੇ—ਤੱਕਦਾ ਹੈ। ਡਾਰਤ—ਸੁੱਟਦਿਆਂ। ਹਿਰੈ—ਹੇਰੈ, ਤੱਕਦਾ ਹੈ ਕਿ ਕੀਹ ਸੋਟ ਪਈ ਹੈ। ੩।

ਜਹ ਜਹ—ਜਿੱਧਰ ਜਿੱਧਰ। ੪।

ਨੋਟ :—'ਰਹਾਉ' ਦੀ ਤੁੱਕ ਵਿਚ ਜ਼ਿਕਰ ਹੈ ਕਿ ਮੈਂ ਰਾਮ ਨੂੰ 'ਹੇਰਦਾ ਹਾਂ' ਵੇਖਦਾ ਹਾਂ, ਇਸ ਤਰ੍ਹਾਂ ਹੋਰ ਖ਼ਿਆਲ ਭੁਲਾ ਕੇ ਵੇਖਦਾ ਹਾਂ, ਜਿਵੇਂ ਹਰਨ, ਪਸੂਆਰਾ ਵਿਸ਼ਈ ਆਦਿਕ। ਜੁਆਰੀਆ ਕਉਡਾਂ ਸੁੱਟ ਕੇ ਉਹਨਾਂ ਨੂੰ ਚੁਰਾਉਂਦਾ ਨਹੀਂ ਗਹੁ ਨਾਲ ਵੇਖਦਾ ਹੈ ਕਿ ਕਉਡਾਂ ਸੁੱਟਿਆਂ ਕੀਹ ਦਾਉ ਪਿਆ ਹੈ। ਸੋ, ਇੱਥੇ ਲਫ਼ਜ਼ "ਹਿਰੈ" ਲਫ਼ਜ਼ "ਹੇਰੈ" ਦੇ ਥਾਂ ਵਰਤਿਆ ਹੈ। ਇਸੇ ਤਰ੍ਹਾਂ "ਹਿਰੈ ਸੁਨਾਰਾ" ਦਾ ਭਾਵ ਹੈ "ਹੇਰੈ ਸੁਨਾਰਾ" ਇਹ ਸਾਰੇ ਦ੍ਰਿਸ਼ਟਾਂਤ 'ਹੇਰਨ' (ਵੇਖਣ) ਦੇ ਹੀ ਸੰਬੰਧ ਵਿਚ ਹਨ।

ਅਰਥ :—ਮੈਂ ਆਪਣੇ ਪਿਆਰੇ ਪ੍ਰਭੂ ਦੀ ਯਾਦ ਛੱਡ ਕੇ ਕਿਸੇ ਹੋਰ ਪਾਸੇ ਵਲ ਆਪਣੇ ਚਿੱਤ ਨੂੰ ਨਹੀਂ ਜਾਣ ਦੇਂਦਾ, ਮੈਂ ਭੀ ਪ੍ਰਭੂ ਨੂੰ ਇਉਂ ਹੀ ਤੱਕਦਾ ਹਾਂ, ਰਹਾਉ,

ਜਿਵੇਂ ਹਰਨ (ਆਪਣਾ ਆਪ ਭੁਲਾ ਕੇ) ਨਾਦ ਦੇ ਪਿੱਛੇ ਦੌੜਦਾ ਹੈ, ਜਿੰਦ ਦੇ ਦੇਂਦਾ ਹੈ ਪਰ ਉਸ ਨੂੰ ਉਸ ਨਾਦ ਦਾ ਧਿਆਨ ਨਹੀਂ ਵਿੱਸਰਦਾ, ੧,

ਜਿਵੇਂ ਮਾਹੀਗੀਰ ਮੱਛੀਆਂ ਵਲ ਤੱਕਦਾ ਹੈ, ਜਿਵੇਂ ਸੋਨਾ ਘੜਦਿਆਂ ਸੁਨਿਆਰਾ (ਸੋਨੇ ਵਲ ਗਹੁ ਨਾਲ) ਤੱਕਦਾ ਹੈ, ੨,

ਜਿਵੇਂ ਵਿਸ਼ਈ ਮਨੁੱਖ ਪਰਾਈ ਨਾਰ ਵਲ ਤੱਕਦਾ ਹੈ, ਜਿਵੇਂ (ਜੂਆ ਖੇਡਣ ਲੱਗਾ) ਜੁਆਰੀਆ ਕਉਡਾਂ ਸੁੱਟ ਕੇ ਗਹੁ ਨਾਲ ਤੱਕਦਾ ਹੈ (ਕਿ ਕੀਹ ਦਾਉ ਪਿਆ ਹੈ)। ੩।

ਮੈਂ ਨਾਮਦੇਵ ਭੀ (ਇਹਨਾਂ ਵਾਂਗ) ਸਦਾ ਆਪਣੇ ਪ੍ਰਭੂ ਨੂੰ ਸਿਮਰਦਾ ਹਾਂ ਤੇ ਜਿੱਧਰ ਤੱਕਦਾ ਹਾਂ ਪ੍ਰਭੂ ਨੂੰ ਹੀ ਵੇਖਦਾ ਹਾਂ (ਮੇਰੀ ਸੁਰਤਿ ਸਦਾ ਪ੍ਰਭੂ ਵਿਚ ਹੀ ਰਹਿੰਦੀ ਹੈ)।੪।੨।

ਭਾਵ :–ਪ੍ਰਭੂ ਨਾਲ ਪ੍ਰੀਤ ਇਹੋ ਜਿਹੀ ਹੋਵੇ ਕਿ ਆਪਾ ਭੁੱਲ ਜਾਏ,ਸੁਰਤਿ ਸਦਾ ਪ੍ਰਭੂ ਵਿਚ ਰਹੇ।

ਗੋਂਡ ॥ ਮੋ ਕਉ ਤਾਰਿ ਲੇ ਰਾਮਾ ਤਾਰਿ ਲੇ ॥ ਮੈ ਅਜਾਨੁ ਜਨੁ ਤਰਿਬੇ ਨ ਜਾਨਉ, ਬਾਪ ਬੀਠੁਲਾ ਬਾਹ ਦੇ ॥ ੧ ॥ ਰਹਾਉ ॥ ਨਰ ਤੇ ਸੁਰ ਹੋਇ ਜਾਤ ਨਿਮਖ ਮੈ, ਸਤਿਗੁਰ ਬੁਧਿ ਸਿਖਲਾਈ ॥ ਨਰ ਤੇ ਉਪਜਿ ਸੁਰਗ ਕਉ ਜੀਤਿਓ, ਸੋ ਅਵਖਧ ਮੈ ਪਾਈ ॥ ੧ ॥ ਜਹਾ ਜਹਾ ਧੂਅ ਨਾਰਦੁ ਟੇਕੇ, ਨੈਕੁ ਟਿਕਾਵਹੁ ਮੋਹਿ ॥ ਤੇਰੇ ਨਾਮ ਅਵਿਲੰਬਿ ਬਹੁਤੁ ਜਨ ਉਧਰੇ, ਨਾਮੇ ਕੀ ਨਿਜ ਮਤਿ ਏਹ ॥ ੨ ॥ ੩ ॥ [ਪੰਨਾ ੮੭੩]

ਪਦ ਅਰਥ :–ਮੋ ਕਉ–ਮੈਨੂੰ ।ਰਾਮਾ–ਹੇ ਰਾਮ ! (ਨੋਟ:–ਨਾਮਦੇਵ ਜੀ ਜਿਸ ਨੂੰ "ਬਾਪ ਬੀਠੁਲਾ" ਕਹਿ ਰਹੇ ਹਨ ਉਸੇ ਨੂੰ ਹੀ 'ਰਾਮ' ਕਹਿ ਕੇ ਪੁਕਾਰਦੇ ਹਨ, ਸੋ, ਕਿਸੇ 'ਬੀਠੁਲ'-ਮੂਰਤੀ ਵਲ ਇਸ਼ਾਰਾ ਨਹੀਂ ਹੈ,ਪਰਮਾਤਮਾ ਅੱਗੇ ਅਰਦਾਸ ਹੈ। ਧ੍ਰੂਅ ਤੇ ਨਾਰਦ ਦਾ ਸੰਬੰਧ ਕਿਸੇ ਬੀਠੁਲ-ਮੂਰਤੀ ਨਾਲ ਨਹੀਂ ਹੋ ਸਕਦਾ) । ਤਰਿਬੇ ਨ ਜਾਨਉ–ਮੈਂ ਤਰਨਾ ਨਹੀਂ ਜਾਨਦਾ । ਦੇ–ਦੇਹ, ਫੜਾ । ਰਹਾਉ ।

ਤੇ–ਤੋਂ । ਸੁਰ–ਦੇਵਤੇ । ਨਿਮਖ ਮੈ–ਅੱਖ ਫਰਕਣ ਦੇ ਸਮੇ ਵਿਚ। ਮੈ–ਵਿਚ, ਮਹਿ, ਮਾਹਿ । ਸਤਿਗੁਰ ਬੁਧਿ ਸਿਖਲਾਈ–ਗੁਰੂ ਦੀ ਸਿਖਾਈ ਹੋਈ ਮੱਤ ਨਾਲ । ਉਪਜਿ –ਉਪਜ ਕੇ, ਪੈਦਾ ਹੋ ਕੇ । ਅਵਖਧ–ਦਵਾਈ । ਪਾਈ–ਪਾਈਂ, ਪਾ ਲਵਾਂ । ੧ ।

ਜਹਾ ਜਹਾ–ਜਿਸ ਜਿਸ ਆਤਮਕ ਅਵਸਥਾ ਵਿਚ ।ਟੇਕੇ–ਟਿਕਾਏ ਹਨ, ਇਸਥਿਤ ਕੀਤੇ ਹਨ। ਨੈਕੁ–[Skt. नैकश–Repeatedly, often. न एकश:–Not once] ਸਦਾ। ਮੋਹਿ–ਮੈਨੂੰ । ਅਵਿਲੰਬ–ਆਸਰਾ । ਅਵਿਲੰਬਿ–ਆਸਰੇ ਨਾਲ। ਉਧਰੇ–(ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਬਚ ਗਏ। ਨਿਜ ਮਤਿ–ਆਪਣੀ ਮੱਤ, ਪੱਕਾ ਨਿਸ਼ਚਾ । ੨ ।

ਅਰਥ :–ਹੇ ਮੇਰੇ ਰਾਮ ! ਮੈਨੂੰ (ਸੰਸਾਰ-ਸਮੁੰਦਰ ਤੋਂ) ਤਾਰ ਲੈ, ਬਚਾ ਲੈ । ਹੇ ਮੇਰੇ ਪਿਤਾ ਪ੍ਰਭੂ ! ਮੈਨੂੰ ਆਪਣੀ ਬਾਂਹ ਫੜਾ, ਮੈਂ ਤੇਰਾ ਅੰਞਾਣ ਸੇਵਕ ਹਾਂ, ਮੈਂ ਤਰਨਾ ਨਹੀਂ ਜਾਣਦਾ । ਰਹਾਉ ।

(ਹੇ ਬੀਠੁਲ ਪਿਤਾ ! ਮੈਨੂੰ ਭੀ ਗੁਰੂ ਮਿਲਾ) ਗੁਰੂ ਤੋਂ ਮਿਲੀ ਮੱਤ ਦੀ ਬਰਕਤ ਨਾਲ ਅੱਖ ਦੇ ਫੋਰ ਵਿਚ ਮਨੁੱਖਾਂ ਤੋਂ ਦੇਵਤੇ ਬਣ ਜਾਈਦਾ ਹੈ, ਹੇ ਪਿਤਾ !(ਮਿਹਰ ਕਰ) ਮੈਂ ਭੀ ਉਹ ਦਵਾਈ ਹਾਸਲ ਕਰ ਲਵਾਂ ਜਿਸ ਨਾਲ ਮਨੁੱਖਾਂ ਤੋਂ ਜੰਮ ਕੇ (ਭਾਵ, ਮਨੁੱਖ-ਜਾਤੀ ਵਿਚੋਂ ਹੋ ਕੇ) ਸੁਰਗ ਨੂੰ ਜਿੱਤਿਆ ਜਾ ਸਕਦਾ ਹੈ (ਭਾਵ, ਸੁਰਗ ਦੀ ਭੀ ਪਰਵਾਹ

ਨਹੀਂ ਰਹਿੰਦੀ) ।੧।

ਹੇ ਮੇਰੇ ਰਾਮ !ਤੂੰ ਜਿਸ ਜਿਸ ਆਤਮਕ ਟਿਕਾਣੇ ਧ੍ਰੂਅ ਤੇ ਨਾਰਦ(ਵਰਗੇ ਭਗਤਾਂ) ਨੂੰ ਅਪੜਾਇਆ ਹੈ, ਮੈਨੂੰ ਸਦਾ ਲਈ ਅਪੜਾ ਦੇਹ, ਮੇਰਾ ਨਾਮਦੇਵ ਦਾ ਇਹ ਪੱਕਾ ਨਿਸ਼ਚਾ ਹੈ ਕਿ ਤੇਰੇ ਨਾਮ ਦੇ ਆਸਰੇ ਬੇਅੰਤ ਜੀਵ (ਸੰਸਾਰ-ਸਮੁੰਦਰ ਦੇ ਵਿਕਾਰਾਂ ਤੋਂ) ਬਚ ਨਿਕਲਦੇ ਹਨ ।੨।੩।

ਭਾਵ : ਪ੍ਰਭੂ ਤੋਂ ਨਾਮ ਸਿਮਰਨ ਦੀ ਮੰਗ ।ਨਾਮ ਦੀ ਬਰਕਤ ਨਾਲ ਸੁਰਗ ਦੀ ਭੀ ਲਾਲਸਾ ਨਹੀਂ ਰਹਿੰਦੀ ।

ਗੋਂਡ ॥ ਮੋਹਿ ਲਾਗਤੀ ਤਾਲਾਬੇਲੀ ॥ਬਛਰੇ ਬਿਨੁ ਗਾਇ ਅਕੇਲੀ॥ ੧ ॥ਪਾਨੀਆ ਬਿਨੁ ਮੀਨੁ ਤਲਫੈ॥ਐਸੇ ਰਾਮ ਨਾਮਾ ਬਿਨੁ ਬਾਪਰੋ ਨਾਮਾ ॥੧॥ ਰਹਾਉ ॥ ਜੈਸੇ ਗਾਇ ਕਾ ਬਾਛਾ ਛੂਟਲਾ ॥ ਥਨ ਚੋਖਤਾ ਮਾਖਨੁ ਘੂਟਲਾ ॥੨॥ ਨਾਮਦੇਉ ਨਾਰਾਇਨੁ ਪਾਇਆ ॥ ਗੁਰੁ ਭੇਟਤ ਅਲਖੁ ਲਖਾਇਆ ॥੩॥ਜੈਸੇ ਬਿਖੈ ਹੇਤ ਪਰ ਨਾਰੀ ॥ਐਸੇ ਨਾਮੇ ਪ੍ਰੀਤਿ ਮੁਰਾਰੀ ॥੪॥ ਜੈਸੇ ਤਾਪਤੇ ਨਿਰਮਲ ਘਾਮਾ ॥ ਤੈਸੇ ਰਾਮ ਨਾਮਾ ਬਿਨੁ ਬਾਪੁਰੋ ਨਾਮਾ ॥ ੫ ॥ ੪ ॥ [ਪੰਨਾ ੮੭੪]

ਪਦ ਅਰਥ :-ਮੋਹਿ-ਮੈਨੂੰ । ਤਾਲਾਬੇਲੀ-ਤਿਲਮਿਲੀ,ਤਿਲਮਿਲਾਹਟ,ਤੜਫਣੀ]। ਗਾਇ-ਗਾਂ ।੧।

ਮੀਨੁ-ਮੱਛੀ । ਤਲਫੈ-ਤੜਫਦੀ ਹੈ । ਬਾਪਰੋ-ਬਪੁਰਾ, ਵਿਚਾਰਾ, ਘਬਰਾਇਆ ਹੋਇਆ ।੧। ਰਹਾਉ ।

ਛੂਟਲਾ-ਕਿੱਲੇ ਨਾਲੋਂ ਖੁਲ੍ਹ ਜਾਂਦਾ ਹੈ। ਬਾਛਾ-ਵੱਛਾ । ਚੋਖਤਾ-ਚੁੰਘਦਾ ਹੈ। ਘੂਟਲਾ-ਘੁੱਟ ਭਰਦਾ ਹੈ ।੨।

ਭੇਟਤ-ਮਿਲਦਿਆਂ ਹੀ। ਅਲਖੁ-ਜੋ ਲਖਿਆ ਨਾਹ ਜਾ ਸਕੇ, ਜਿਸ ਦੇ ਗੁਣਾਂ ਦਾ ਥਹੁ ਨਹੀਂ ਪੈ ਸਕਦਾ ।੩।

ਬਿਖੈ ਹੇਤ-ਵਿਸ਼ੇ ਦੀ ਖ਼ਾਤਰ ।੪।

ਤਾਪਤੇ-ਤਪਦੇ ਹਨ। ਨਿਰਮਲ-ਸਾਫ਼ । ਘਾਮਾ-ਗਰਮੀ, ਧੁੱਪ ।੫।

ਅਰਥ :-ਜਿਵੇਂ ਵੱਛੇ ਤੋਂ ਵਿੱਛੜ ਕੇ ਇਕੱਲੀ ਗਾਂ (ਘਾਬਰਦੀ ਹੈ), ਤਿਵੇਂ ਮੈਨੂੰ (ਪ੍ਰਭੂ ਤੋਂ ਵਿਛੁੜ ਕੇ) ਤੜਫਣੀ ਲੱਗਦੀ ਹੈ।੧।

ਜਿਵੇਂ ਪਾਣੀ ਤੋਂ ਬਿਨਾ ਮੱਛੀ ਤੜਫਦੀ ਹੈ, ਤਿਵੇਂ ਮੈਂ ਨਾਮਦੇਵ ਪ੍ਰਭੂ ਦੇ ਨਾਮ ਤੋਂ ਬਿਨਾ ਘਾਬਰਦਾ ਹਾਂ ।੧। ਰਹਾਉ ।

ਜਿਵੇਂ (ਜਦੋਂ) ਗਾਂ ਦਾ ਵੱਛਾ ਕਿੱਲੇ ਨਾਲੋਂ ਖੁਲ੍ਹਦਾ ਹੈ ਤਾਂ (ਗਾਂ ਦੇ) ਥਣ ਚੁੰਘਦਾ ਹੈ, ਤੇ ਮੱਖਣ ਦੇ ਘੁੱਟ ਭਰਦਾ ਹੈ, ਤਿਵੇਂ ਜਦੋਂ ਮੈਨੂੰ ਨਾਮਦੇਵ ਨੂੰ ਸਤਿਗੁਰੂ ਮਿਲਿਆ, ਮੈਨੂੰ ਅਲੱਖ ਪ੍ਰਭੂ ਦੀ ਸੂਝ ਪੈ ਗਈ, ਮੈਨੂੰ ਰੱਬ ਮਿਲ ਪਿਆ। ੨ ਤੇ ੩।

ਜਿਵੇਂ (ਵਿਸ਼ਈ ਨੂੰ) ਵਿਸ਼ੇ ਵਾਸਤੇ ਪਰਾਈ ਨਾਰ ਨਾਲ ਪਿਆਰ ਹੁੰਦਾ ਹੈ, ਮੈਨੂੰ ਨਾਮੇ ਨੂੰ ਪ੍ਰਭੂ ਨਾਲ ਪਿਆਰ ਹੈ। ੪।

ਪ੍ਰਭੂ ਦੇ ਨਾਮ ਤੋਂ ਵਿੱਛੜ ਕੇ ਮੈਂ ਨਾਮਦੇਵ ਇਉਂ ਘਾਬਰਦਾ ਹਾਂ, ਜਿਵੇਂ ਚਮਕਦੀ ਧੁੱਪ ਵਿਚ (ਜੀਅ-ਜੰਤ) ਤਪਦੇ-ਲੁੱਛਦੇ ਹਨ। ੫। ੪।

ਭਾਵ :ਪ੍ਰੀਤ ਦਾ ਸਰੂਪ—ਵਿਛੋੜਾ ਅਸਹਿ ਹੁੰਦਾ ਹੈ।

ੴ ਸਤਿਗੁਰ ਪ੍ਰਸਾਦਿ ॥

ਰਾਗੁ ਗੋਂਡ ਬਾਣੀ ਨਾਮਦੇਉ ਜੀ ਕੀ ਘਰੁ ੨

ਹਰਿ ਹਰਿ ਕਰਤ ਮਿਟੇ ਸਭਿ ਭਰਮਾ ॥ ਹਰਿ ਕੋ ਨਾਮੁ ਲੈ ਊਤਮ ਧਰਮਾ ॥ ਹਰਿ ਹਰਿ ਕਰਤ ਜਾਤਿ ਕੁਲ ਹਰੀ ॥ ਸੋ ਹਰਿ ਅੰਧੁਲੇ ਕੀ ਲਾਕਰੀ ॥ ੧ ॥ ਹਰਏ ਨਮਸਤੇ ਹਰਏ ਨਮਹ ॥ ਹਰਿ ਹਰਿ ਕਰਤ ਨਹੀ ਦੁਖੁ ਜਮਹ ॥ ੧ ॥ ਰਹਾਉ ॥ ਹਰਿ ਹਰਨਾਖਸ ਹਰੇ ਪਰਾਨ ॥ ਅਜੈਮਲ ਕੀਓ ਬੈਕੁੰਠਹਿ ਥਾਨ ॥ ਸੂਆ ਪੜਾਵਤ ਗਨਿਕਾ ਤਰੀ ॥ ਸੋ ਹਰਿ ਨੈਨਹੁ ਕੀ ਪੂਤਰੀ ॥ ੨ ॥ ਹਰਿ ਹਰਿ ਕਰਤ ਪੂਤਨਾ ਤਰੀ ॥ ਬਾਲਘਾਤਨੀ ਕਪਟਹਿ ਭਰੀ ॥ ਸਿਮਰਨ ਦ੍ਰੋਪਦ ਸੁਤ ਉਧਰੀ ॥ ਗਊਤਮ ਸਤੀ ਸਿਲਾ ਨਿਸਤਰੀ ॥ ੩ ॥ ਕੇਸੀ ਕੰਸ ਮਥਨੁ ਜਿਨਿ ਕੀਆ ॥ ਜੀਅ ਦਾਨੁ ਕਾਲੀ ਕਉ ਦੀਆ ॥ ਪ੍ਰਣਵੈ ਨਾਮਾ ਐਸੋ ਹਰੀ ॥ ਜਾਸੁ ਜਪਤ ਭੈ ਅਪਦਾ ਟਰੀ ॥ ੪ ॥ ੧ ॥ ੫ ॥ [ਪੰਨਾ ੮੭੪]

ਪਦ ਅਰਥ :—ਹਰਿ ਹਰਿ ਕਰਤ—ਪ੍ਰਭੂ ਦਾ ਨਾਮ ਸਿਮਰਿਆਂ। ਭਰਮਾ—ਭਟਕਣਾ। ਲੈ ਨਾਮੁ—ਨਾਮ ਸਿਮਰ। ਊਤਮ—ਸਭ ਤੋਂ ਸ੍ਰੇਸ਼ਟ। ਹਰੀ—ਨਾਸ ਹੋ ਜਾਂਦੀ ਹੈ। ਲਾਕਰੀ—ਲੱਕੜੀ, ਫੋਹਣੀ, ਡੰਗੋਰੀ, ਆਸਰਾ। ੧।

ਹਰਏ—ਹਰੀ ਨੂੰ (ਵੇਖੋ ਮੇਰੇ 'ਸੁਖਮਨੀ ਸਟੀਕ' ਵਿਚ ਲਫ਼ਜ਼ 'ਗੁਰਦੇ' ਦੀ ਵਿਆਖਿਆ)। ਰਹਾਉ।

ਹਰੇ ਪਰਾਨ—ਜਾਨ ਲੈ ਲਈ, ਮਾਰਿਆ। ਥਾਨ—ਥਾਂ। ਸੂਆ—ਤੋਤਾ। ਗਨਿਕਾ—

ਵੇਸਵਾ। ਪੁਤਰੀ—ਪੁਤਲੀ। ੨।

ਪੂਤਨਾ—ਉਸ ਦਾਈ ਦਾ ਨਾਮ ਸੀ ਜਿਸ ਨੂੰ ਕੰਸ ਨੇ ਗੋਕਲ ਵਿਚ ਕ੍ਰਿਸ਼ਨ ਜੀ ਦੇ ਮਾਰਨ ਵਾਸਤੇ ਘੱਲਿਆ ਸੀ; ਇਹ ਥਣਾਂ ਨੂੰ ਜ਼ਹਿਰ ਲਾ ਕੇ ਗਈ; ਪਰ ਕ੍ਰਿਸ਼ਨ ਜੀ ਨੇ ਥਣ ਮੂੰਹ ਵਿਚ ਪਾ ਕੇ ਇਸ ਦੇ ਪ੍ਰਾਣ ਖਿੱਚ ਲਏ; ਆਖ਼ਰ ਮੁਕਤੀ ਭੀ ਦੇ ਦਿੱਤੀ। ਘਾਤਨੀ—ਮਾਰਨ ਵਾਲੀ। ਕਪਟ—ਧੋਖਾ, ਫ਼ਰੇਬ। ਦ੍ਰੋਪਦ ਸੁਤ—ਦ੍ਰੋਪਦ ਸੁਤਾ, ਰਾਜਾ ਦ੍ਰੋਪਦ ਦੀ ਧੀ, ਦ੍ਰੋਪਤੀ। ਸਤੀ—ਨੇਕ ਇਸਤ੍ਰੀ, ਜੋ ਆਪਣੇ ਪਤੀ ਦੇ ਸ੍ਰਾਪ ਨਾਲ ਸਿਲਾ ਬਣ ਗਈ ਸੀ, ਸ੍ਰੀ ਰਾਮ ਚੰਦਰ ਜੀ ਨੇ ਇਸ ਨੂੰ ਮੁਕਤ ਕੀਤਾ ਸੀ। ੩।

ਕੇਸੀ—ਉਹ ਦੈਂਤ ਜਿਸ ਨੂੰ ਕੰਸ ਨੇ ਕ੍ਰਿਸ਼ਨ ਜੀ ਦੇ ਮਾਰਨ ਲਈ ਗੋਕਲ ਭੇਜਿਆ ਸੀ। ਮਥਨੁ—ਨਾਸ। ਜਿਨਿ—ਜਿਸ ਨੇ। ਕਾਲੀ—ਇਕ ਨਾਗ ਸੀ ਜਿਸ ਨੂੰ ਕ੍ਰਿਸ਼ਨ ਜੀ ਨੇ ਜਮਨਾ ਤੋਂ ਕੱਢਿਆ ਸੀ। ਜੀਅ ਦਾਨੁ—ਜਿੰਦ-ਬਖ਼ਸ਼ੀ। ਪ੍ਰਣਵੈ—ਬੇਨਤੀ ਕਰਦਾ ਹੈ। ਜਾਸੁ—ਜਿਸ ਨੂੰ। ਅਪਦਾ—ਮੁਸੀਬਤ। ਟਰੀ—ਟਲ ਜਾਂਦੀ ਹੈ। ੪।

ਅਰਥ :—ਮੇਰੀ ਉਸ ਪਰਮਾਤਮਾ ਨੂੰ ਨਮਸਕਾਰ ਹੈ, ਜਿਸ ਦਾ ਸਿਮਰਨ ਕੀਤਿਆਂ ਜਮਾਂ ਦਾ ਦੁੱਖ ਨਹੀਂ ਰਹਿੰਦਾ। ਰਹਾਉ।

ਹਰਿ-ਨਾਮ ਸਿਮਰਿਆਂ ਸਭ ਭਟਕਣਾਂ ਦੂਰ ਹੋ ਜਾਂਦੀਆਂ ਹਨ; ਹੇ ਭਾਈ! ਨਾਮ ਸਿਮਰ, ਇਹੀ ਹੈ ਸਭ ਤੋਂ ਚੰਗਾ ਧਰਮ। ਨਾਮ ਸਿਮਰਿਆਂ (ਨੀਵੀਂ ਉੱਚੀ) ਜਾਤ ਕੁਲ ਦਾ ਵਿਤਕਰਾ ਦੂਰ ਹੋ ਜਾਂਦਾ ਹੈ। ਉਹ ਹਰਿ-ਨਾਮ ਹੀ ਮੈਂ ਅੰਨ੍ਹੇ ਦਾ ਆਸਰਾ ਹੈ। ੧।

ਪ੍ਰਭੂ ਨੇ ਹਰਨਾਖਸ਼ (ਦੈਂਤ) ਨੂੰ ਮਾਰਿਆ, ਅਜਾਮਲ ਪਾਪੀ ਨੂੰ ਬੈਕੁੰਠ ਵਿਚ ਥਾਂ ਦਿੱਤੀ। ਉਸ ਹਰੀ ਦਾ ਨਾਮ ਤੋਤੇ ਨੂੰ ਪੜ੍ਹਾਉਂਦਿਆਂ ਵੇਸਵਾ ਭੀ ਵਿਕਾਰਾਂ ਵਲੋਂ ਹਟ ਗਈ; ਉਹੀ ਪ੍ਰਭੂ ਮੇਰੀਆਂ ਅੱਖਾਂ ਦੀ ਪੁਤਲੀ ਹੈ। ੨।

ਬਾਲਾਂ ਨੂੰ ਮਾਰਨ ਵਾਲੀ ਅਤੇ ਕਪਟ ਨਾਲ ਭਰੀ ਹੋਈ ਪੂਤਨਾ ਦਾਈ ਭੀ ਤਰ ਗਈ, ਜਦੋਂ ਉਸ ਨੇ ਹਰਿ-ਨਾਮ ਸਿਮਰਿਆ; ਸਿਮਰਨ ਦੀ ਬਰਕਤ ਨਾਲ ਹੀ ਦ੍ਰੋਪਤੀ (ਨਿਰਾਦਰੀ ਤੋਂ) ਬਚੀ ਸੀ, ਤੇ, ਗੋਤਮ ਦੀ ਨੇਕ ਇਸਤ੍ਰੀ ਦਾ ਪਾਰ-ਉਤਾਰਾ ਹੋਇਆ ਸੀ, ਜੋ (ਗੋਤਮ ਦੇ ਸ੍ਰਾਪ ਨਾਲ) ਸਿਲਾ ਬਣ ਗਈ ਸੀ। ੩।

ਉਸੇ ਪ੍ਰਭੂ ਨੇ ਕੇਸੀ ਤੇ ਕੰਸ ਦਾ ਨਾਸ ਕੀਤਾ ਸੀ, ਤੇ ਕਾਲੀ ਨਾਗ ਦੀ ਜਿੰਦ-ਬਖ਼ਸ਼ੀ ਕੀਤੀ ਸੀ। ਨਾਮਦੇਵ ਬੇਨਤੀ ਕਰਦਾ ਹੈ—ਪ੍ਰਭੂ ਐਸਾ (ਬਖ਼ਸ਼ੰਦ) ਹੈ ਕਿ ਉਸ ਦਾ ਨਾਮ ਸਿਮਰਿਆਂ ਸਭ ਡਰ ਤੇ ਮੁਸੀਬਤਾਂ ਟਲ ਜਾਂਦੀਆਂ ਹਨ। ੪। ੧। ੫।

ਭਾਵ—ਪ੍ਰਭੂ ਦਾ ਸਿਮਰਨ ਸਭ ਧਰਮਾਂ ਤੋਂ ਸ੍ਰੇਸ਼ਟ ਧਰਮ ਹੈ। ਸਿਮਰਨ ਦੀ ਬਰਕਤ ਨਾਲ ਸਭ ਮੁਸੀਬਤਾਂ ਟਲ ਜਾਂਦੀਆਂ ਹਨ, ਬੜੇ ਬੜੇ ਵਿਕਾਰੀ ਭੀ ਵਿਕਾਰਾਂ ਵਲੋਂ ਹਟ ਜਾਂਦੇ ਹਨ।

ਗੋਂਡ ॥ ਭੈਰਉ ਭੂਤ ਸੀਤਲਾ ਧਾਵੈ ॥ ਖਰ ਬਾਹਨ ਉਹੁ ਛਾਰ ਉਡਾਵੈ ॥ ੧ ॥ ਹਉ ਤਉ ਏਕ ਰਮਈਆ ਲੈ ਹਉ ॥ ਆਨ ਦੇਵ ਬਦਲਾਵਨਿ ਦੈ ਹਉ ॥ ੧ ॥ ਰਹਾਉ ॥ ਸਿਵ ਸਿਵ ਕਰਤੇ ਜੋ ਨਰੁ ਧਿਆਵੈ ॥ ਬਰਦ ਚਢੇ ਡਉਰੂ ਢਮਕਾਵੈ ॥ ੨ ॥ ਮਹਾ ਮਾਈ ਕੀ ਪੂਜਾ ਕਰੈ ॥ ਨਰ ਸੈ ਨਾਰਿ ਹੋਇ ਅਉਤਰੈ ॥ ੩ ॥ ਤੂ ਕਹੀਅਤ ਹੀ ਆਦਿ ਭਵਾਨੀ ॥ ਮੁਕਤਿ ਕੀ ਬਰੀਆ ਕਹਾ ਛਪਾਨੀ ॥ ੪ ॥ ਗੁਰਮਤਿ ਰਾਮ ਨਾਮ ਗਹੁ ਮੀਤਾ ॥ ਪ੍ਰਣਵੈ ਨਾਮਾ ਇਉ ਕਹੈ ਗੀਤਾ ॥੫॥੨॥੬॥ [ਪੰਨਾ ੮੭੪]

ਨੋਟ :—ਅਖ਼ੀਰਲੀ ਤੁਕ ਵਿਚ ਸੰਬੋਧਨ ਕਰ ਕੇ ਜਿਸ "ਮੀਤ" ਨੂੰ ਨਾਮਦੇਵ ਜੀ ਇਸ ਸ਼ਬਦ ਦੀ ਰਾਹੀਂ ਭੈਰਉ, ਸ਼ਿਵ, ਮਹਾ ਮਾਈ ਆਦਿਕ ਦੀ ਪੂਜਾ ਵਲੋਂ ਵਰਜਦੇ ਹਨ ਉਹ ਕੋਈ 'ਪੰਡਤ' ਜਾਪਦਾ ਹੈ, ਕਿਉਂਕਿ ਉਸ ਦਾ ਧਿਆਨ ਉਸ ਦੇ ਆਪਣੇ ਹੀ ਧਰਮ-ਪੁਸਤਕ 'ਗੀਤਾ' ਵਲ ਭੀ ਦਿਵਾਉਂਦੇ ਹਨ।

ਪਦ ਅਰਥ :—ਭੈਰਉ—ਇਕ ਜਤੀ ਦਾ ਨਾਮ ਸੀ, ਸਵਾਰੀ ਕਾਲੇ ਕੁੱਤੇ ਦੀ ਕਹੀ ਜਾਂਦੀ ਹੈ। ਸ਼ਿਵ ਜੀ ਦੀਆਂ ਅੱਠ ਭਿਆਨਕ ਸ਼ਕਲਾ ਵਿਚੋਂ ਇੱਕ ਭੈਰਉ ਹੈ। ਇਸ ਦਾ ਮੰਦਰ ਜੰਮੂ ਤੋਂ ਪਰੇ ਦੁਰਗਾ ਦੇ ਮੰਦਰ ਤੋਂ ਉਰੇ ਦੋ ਮੀਲ ਤੇ ਬਣਿਆ ਹੋਇਆ ਹੈ। ਸੀਤਲਾ—ਚੀਚਕ (small pox) ਦੀ ਦੇਵੀ; ਇਸ ਦੀ ਸਵਾਰੀ ਖੋਤੇ ਦੀ ਹੈ। ਖਰ—ਖੋਤਾ। ਖਰ ਬਾਹਨ—ਖੋਤੇ ਦੀ ਸਵਾਰੀ ਕਰਨ ਵਾਲਾ। ਛਾਰ—ਸੁਆਹ। ੧।

ਤਉ—ਤਾਂ। ਰਮਈਆ—ਸੋਹਣਾ ਰਾਮ। ਲੈ ਹਉ—ਲਵਾਂਗਾ। ਆਨ—ਹੋਰ। ਬਦਲਾਵਨਿ—ਬਦਲੇ ਵਿਚ, ਵੱਟੇ ਵਿਚ। ਦੈ ਹਉ—ਦੇ ਦਿਆਂਗਾ। ਰਹਾਉ।

ਬਰਦ—ਬਲਦ (ਇਹ ਸ਼ਿਵ ਜੀ ਦੀ ਸਵਾਰੀ ਹੈ)। ਡਉਰੂ—ਡੰਭਰੂ। ੨।

ਮਹਾ—ਵਡੀ। ਮਹਾ ਮਾਈ—ਵਡੀ ਮਾਂ, ਪਾਰਵਤੀ। ਸੈ—ਤੋਂ। ਹੋਇ—ਬਣ ਕੇ। ਅਉਤਰੈ—ਜੰਮਦਾ ਹੈ। ੩।

ਕਹੀਅਤ—ਕਹੀ ਜਾਂਦੀ ਹੈ। ਭਵਾਨੀ—ਦੁਰਗਾ ਦੇਵੀ। ਬਰੀਆ—ਵਾਰੀ। ਛਪਾਨੀ—ਲੁਕ ਜਾਂਦੀ ਹੈ। ੪।

ਗਹੁ—ਫੜ, ਪਕੜ, ਆਸਰਾ ਲੈ। ਮੀਤਾ—ਹੇ ਮਿੱਤਰ ਪੰਡਤ ! ਇਉ—ਇਸੇ ਤਰ੍ਹਾਂ ਹੀ। ੫।

ਅਰਥ :—ਜੋ ਮਨੁੱਖ ਭੈਰੋਂ ਵਲ ਜਾਂਦਾ ਹੈ (ਭਾਵ, ਜੋ ਭੈਰੋਂ ਦੀ ਅਰਾਧਨਾ ਕਰਦਾ ਹੈ) ਉਹ (ਵਧ ਤੋਂ ਵਧ ਭੈਰੋਂ ਵਰਗਾ ਹੀ) ਭੂਤ ਬਣ ਜਾਂਦਾ ਹੈ। ਜੋ ਸੀਤਲਾ ਨੂੰ ਅਰਾਧਦਾ ਹੈ ਉਹ (ਸੀਤਲਾ ਵਾਂਗ) ਖੋਤੇ ਦੀ ਸਵਾਰੀ ਕਰਦਾ ਹੈ ਤੇ (ਖੋਤੇ ਦੇ ਨਾਲ) ਸੁਆਹ

ਹੀ ਉਡਾਉਂਦਾ ਹੈ। ੧।

(ਹੇ ਪੰਡਤ !) ਮੈਂ ਤਾਂ ਇੱਕ ਸੋਹਣੇ ਰਾਮ ਦਾ ਨਾਮ ਹੀ ਲਵਾਂਗਾ, (ਤੁਹਾਡੇ) ਹੋਰ ਸਾਰੇ ਦੇਵਤਿਆਂ ਨੂੰ ਉਸ ਨਾਮ ਦੇ ਵੱਟੇ ਵਿਚ ਦੇ ਦਿਆਂਗਾ, (ਭਾਵ, ਪ੍ਰਭੂ-ਨਾਮ ਦੇ ਟਾਕਰੇ ਤੇ ਮੈਨੂੰ ਤੁਹਾਡੇ ਕਿਸੇ ਭੀ ਦੇਵੀ ਦੇਵਤੇ ਦੀ ਲੋੜ ਨਹੀਂ ਹੈ)। ੧। ਰਹਾਉ।

ਜੋ ਮਨੁੱਖ ਸ਼ਿਵ ਦਾ ਨਾਮ ਜਪਦਾ ਹੈ ਉਹ (ਵਧ ਤੋਂ ਵਧ ਜੋ ਕੁਝ ਹਾਸਲ ਕਰ ਸਕਦਾ ਹੈ ਇਹ ਹੈ ਕਿ ਸ਼ਿਵ ਦਾ ਰੂਪ ਲੈ ਕੇ, ਸ਼ਿਵ ਦੀ ਸਵਾਰੀ) ਬਲਦ ਉੱਤੇ ਚੜ੍ਹਦਾ ਹੈ ਤੇ (ਸ਼ਿਵ ਵਾਂਗ) ਡੰਭਰੂ ਵਜਾਉਂਦਾ ਹੈ। ੨।

ਜੋ ਮਨੁੱਖ ਪਾਰਬਤੀ ਦੀ ਪੂਜਾ ਕਰਦਾ ਹੈ ਉਹ ਮਨੁੱਖ ਤੋਂ ਜ਼ਨਾਨੀ ਬਣ ਕੇ ਜਨਮ ਲੈਂਦਾ ਹੈ (ਕਿਉਂਕਿ ਪੂਜਾ ਕਰਨ ਵਾਲਾ ਆਪਣੇ ਪੂਜਯ ਦਾ ਰੂਪ ਹੀ ਬਣ ਸਕਦਾ ਹੈ)। ੩।

ਹੇ ਭਵਾਨੀ ! ਤੂੰ ਸਭ ਦਾ ਮੁੱਢ ਅਖਵਾਉਂਦੀ ਹੈਂ, ਪਰ (ਆਪਣੇ ਭਗਤਾਂ ਨੂੰ) ਮੁਕਤੀ ਦੇਣ ਵੇਲੇ ਤੂੰ ਭੀ, ਪਤਾ ਨਹੀਂ, ਕਿੱਥੇ ਲੁਕੀ ਰਹਿੰਦੀ ਹੈਂ (ਭਾਵ, ਮੁਕਤੀ ਭਵਾਨੀ ਪਾਸ ਭੀ ਨਹੀਂ ਹੈ)। ੪।

ਸੋ, ਨਾਮਦੇਵ ਬੇਨਤੀ ਕਰਦਾ ਹੈ—ਹੇ ਮਿੱਤਰ (ਪੰਡਤ !) ਸਤਿਗੁਰੂ ਦੀ ਸਿੱਖਿਆ ਲੈ ਕੇ ਪਰਮਾਤਮਾ ਦੇ ਨਾਮ ਦੀ ਓਟ ਲੈ, (ਤੁਹਾਡੀ ਧਰਮ-ਪੁਸਤਕ) ਗੀਤਾ ਭੀ ਇਹੀ ਆਖਦੀ ਹੈ। ੫। ੨। ੬।

ਸ਼ਬਦ ਦਾ ਭਾਵ :—ਪੂਜਾ ਕਰ ਕੇ ਮਨੁੱਖ ਵਧ ਤੋਂ ਵਧ ਆਪਣੇ ਪੂਜਯ ਦਾ ਰੂਪ ਹੀ ਬਣ ਸਕਦਾ ਹੈ; ਸੰਸਾਰ-ਸਮੁੰਦਰ ਤੋਂ ਮੁਕਤੀ ਦਿਵਾਉਣੀ ਕਿਸੇ ਦੇਵੀ ਦੇਵਤੇ ਦੇ ਹੱਥ ਨਹੀਂ; ਇਸ ਵਾਸਤੇ ਪਰਮਾਤਮਾ ਦਾ ਨਾਮ ਹੀ ਸਿਮਰਨਾ ਚਾਹੀਦਾ ਹੈ, ਪ੍ਰਭੂ ਹੀ ਮੁਕਤੀ-ਦਾਤਾ ਹੈ।

ਬਿਲਾਵਲੁ ਗੋਂਡ ॥ ਆਜੁ ਨਾਮੇ ਬੀਠਲੁ ਦੇਖਿਆ, ਮੂਰਖ ਕੋ ਸਮਝਾਊ ਰੇ ॥ ਰਹਾਉ ॥ ਪਾਂਡੇ ਤੁਮਰੀ ਗਾਇਤ੍ਰੀ, ਲੋਧੇ ਕਾ ਖੇਤੁ ਖਾਤੀ ਥੀ ॥ ਲੈ ਕਰਿ ਠੇਗਾ ਟਗਰੀ ਤੋਰੀ, ਲਾਂਗਤ ਲਾਂਗਤ ਜਾਤੀ ਥੀ ॥ ੧ ॥ ਪਾਂਡੇ ਤੁਮਰਾ ਮਹਾਦੇਉ, ਧਉਲੇ ਬਲਦ ਚੜਿਆ ਆਵਤ ਦੇਖਿਆ ਥਾ ॥ ਮੋਦੀ ਕੇ ਘਰ ਖਾਣਾ ਪਾਕਾ, ਵਾ ਕਾ ਲੜਕਾ ਮਾਰਿਆ ਥਾ ॥ ੨ ॥ ਪਾਂਡੇ ਤੁਮਰਾ ਰਾਮਚੰਦੁ, ਸੋ ਭੀ ਆਵਤੁ ਦੇਖਿਆ ਥਾ ॥ ਰਾਵਨ ਸੇਤੀ ਸਰਬਰ ਹੋਈ, ਘਰ ਕੀ ਜੋਇ ਗਵਾਈ ਥੀ ॥ ੩ ॥ ਹਿੰਦੂ ਅੰਨ੍ਹਾ ਤੁਰਕੂ ਕਾਣਾ ॥ ਦੁਹਾਂ ਤੇ ਗਿਆਨੀ ਸਿਆਣਾ ॥ ਹਿੰਦੂ ਪੂਜੈ ਦੇਹੁਰਾ, ਮੁਸਲਮਾਣੁ ਮਸੀਤਿ ॥ ਨਾਮੇ

ਸੋਈ ਸੇਵਿਆ, ਜਹ ਦੇਹੁਰਾ ਨ ਮਸੀਤਿ ॥ ੪ ॥ ੩ ॥ ੭ ॥ [ਪੰਨਾ ੮੭੪]

ਨੋਟ :–ਕਈ ਵਿਦਵਾਨ ਸੱਜਣ ਖ਼ਿਆਲ ਕਰਦੇ ਹਨ ਕਿ ਭਗਤ ਨਾਮਦੇਵ ਜੀ ਨੇ ਇਸ ਸ਼ਬਦ ਵਿਚ 'ਹਾਸ-ਰਸ' ਵਰਤਿਆ ਹੈ। ਪਰ, ਸੱਚਾਈ ਬਿਆਨ ਕਰ ਕੇ ਕਿਸੇ ਕੁਰਾਹੇ ਜਾਂਦੇ ਨੂੰ ਰਾਹ ਦੱਸਣਾ ਹੋਰ ਗੱਲ ਹੈ, ਤੇ ਕਿਸੇ ਦੇ ਧਾਰਮਿਕ ਜਜ਼ਬਿਆਂ ਨੂੰ ਮਖ਼ੌਲ ਕਰ ਕੇ ਠੋਕਰ ਲਾਣੀ ਬੜਾ ਦੁਖਦਾਈ ਕੰਮ ਹੈ। ਇਹ ਗੱਲ ਮੰਨੀ ਨਹੀਂ ਜਾ ਸਕਦੀ ਕਿ ਭਗਤ ਜੀ ਇਉਂ ਕਿਸੇ ਦਾ ਦਿਲ ਦੁਖਾ ਸਕਦੇ ਸਨ, ਜਾਂ, ਅਜਿਹੇ ਦੁਖਾਵੇਂ ਵਾਕ ਨੂੰ ਸਤਿਗੁਰੂ ਜੀ ਉਸ 'ਬਾਣੀ-ਬੋਹਿਥ' ਵਿਚ ਦਰਜ ਕਰਦੇ ਜੋ ਸਿੱਖ ਦੇ ਜੀਵਨ ਦਾ ਆਸਰਾ ਹੈ। ਇਹ ਆਖਣਾ ਕਿ 'ਹਾਸ-ਰਸ' ਦੀ ਰਾਹੀਂ ਵੱਡੇ ਵੱਡੇ ਦੇਵਤਿਆਂ ਦੇ ਵੱਡੇ ਵੱਡੇ ਕੰਮਾਂ ਨੂੰ ਪਰਮਾਤਮਾ ਦੀ ਵਡਿਆਈ ਦੇ ਸਾਹਮਣੇ ਤੁੱਛ ਪਰਗਟ ਕੀਤਾ ਹੈ, ਫਬਦਾ ਨਹੀਂ ਹੈ। ਕਿਸੇ ਮੁੰਡੇ ਨੂੰ ਮਾਰ ਦੇਣਾ ਕੋਈ ਵੱਡਾ ਕੰਮ ਨਹੀਂ ਹੈ; ਆਪਣੀ ਇਸਤ੍ਰੀ ਗਵਾ ਲੈਣੀ ਕੋਈ ਵੱਡਾ ਕੰਮ ਨਹੀਂ, ਤੇ ਟੰਗ ਤੁੜਾ ਲੈਣੀ ਕੋਈ ਫ਼ਖ਼ਰ ਦੀ ਗੱਲ ਨਹੀਂ ਹੈ। ਫਿਰ, ਇਹਨਾਂ 'ਵੱਡੇ ਕੰਮਾਂ' ਦੇ ਟਾਕਰੇ ਤੇ ਪਰਮਾਤਮਾ ਦੇ ਕਿਸੇ ਭੀ ਵੱਡੇ ਕੰਮ ਦਾ ਇੱਥੇ ਕੋਈ ਜ਼ਿਕਰ ਨਹੀਂ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਆਪਣੀ ਜਿੰਦ ਦਾ ਸਹਾਰਾ ਸਮਝਣ ਵਾਲੇ ਸਿੱਖ ਨੇ ਤਾਂ ਇਹ ਵੇਖਣਾ ਹੈ ਕਿ ਉਸ ਨੂੰ ਇਹ ਸ਼ਬਦ ਪੜ੍ਹਦਿਆਂ ਕੀਹ ਸਹਾਰਾ ਮਿਲਦਾ ਹੈ, ਕਿਹੜਾ ਚਾਨਣ ਮਿਲਦਾ ਹੈ। ਕਿਸੇ ਦੇ ਧਾਰਮਿਕ ਜਜ਼ਬੇ ਨੂੰ ਮਖ਼ੌਲ ਕਰ ਕੇ ਉਸ ਦੇ ਦਿਲ ਨੂੰ ਠੋਕਰ ਮਾਰਨੀ ਧਰਮ ਦਾ ਮਾਰਗ ਨਹੀਂ ਹੋ ਸਕਦਾ। ਸਾਨੂੰ ਇਸ ਵਿਚੋਂ ਸੱਚਾਈ ਦੀ ਕਿਰਨ ਦੀ ਲੋੜ ਹੈ; ਸਾਨੂੰ ਇਸ ਵਿਚੋਂ ਉਸ ਉੱਚ-ਉਡਾਰੀ ਦੀ ਲੋੜ ਹੈ ਜੋ ਸਾਨੂੰ ਭੀ ਉੱਚਾ ਕਰ ਸਕੇ। ਅਸਾਂ ਕਿਸੇ ਉੱਤੇ ਮਖ਼ੌਲ ਉਡਾ ਕੇ ਹੀ ਇਹ ਨਹੀਂ ਫ਼ਰਜ਼ ਕਰ ਲੈਣਾ ਕਿ ਇਸ ਸ਼ਬਦ ਵਿੱਚੋਂ ਸਾਨੂੰ ਜੀਵਨ-ਰਾਹ ਲੱਭ ਪਿਆ ਹੈ।

ਜੇ ਕਿਸੇ ਮੁਕੰਮਲ ਸ਼ਬਦ ਨੂੰ ਇਕ ਖਿੜਿਆ ਹੋਇਆ ਸੁੰਦਰ ਫੁੱਲ ਮਿਥ ਲਈਏ, ਤਾਂ 'ਰਹਾਉ' ਦੀ ਤੁਕ ਉਸ ਫੁੱਲ ਦਾ ਮਕਰੰਦ ਹੁੰਦਾ ਹੈ। 'ਰਹਾਉ' ਵਿਚ ਉਹ ਕੇਂਦਰੀ ਰਮਜ਼ ਹੋਇਆ ਕਰਦੀ ਹੈ, ਜਿਸ ਦਾ ਵਿਕਾਸ ਸਾਰੇ ਸ਼ਬਦ ਵਿਚ ਕੀਤਾ ਜਾਂਦਾ ਹੈ। ਇਸੇ ਨਿਯਮ ਨੂੰ ਜੇ ਇਸ ਸ਼ਬਦ ਵਿਚ ਭੀ ਗਹੁ ਨਾਲ ਵਰਤਾਂਗੇ, ਤਾਂ ਉਹ ਸੁਗੰਧੀ ਜੋ ਇਸ ਰਹਾਉ-ਮਕਰੰਦ ਵਿਚ ਲੁਕੀ ਪਈ ਹੈ, ਸਾਰੇ ਖਿੜੇ ਫੁੱਲ ਵਿਚੋਂ ਮਹਿਕ ਦੇਣ ਲੱਗ ਪਏਗੀ, ਸਾਰੀ ਰਮਜ਼ ਖੁਲ੍ਹ ਜਾਇਗੀ। ਸ਼ਬਦ ਦੇ ਤਿੰਨ ਬੰਦਾਂ ਵਿਚ ਕਿਸੇ ਪਾਂਡੇ ਨੂੰ ਸੰਬੋਧਨ ਕਰ ਰਹੇ ਹਨ। ਸੋ, 'ਰਹਾਉ' ਵਿਚ ਵਰਤਿਆ ਲਫ਼ਜ਼ 'ਰੇ' ਭੀ ਉਸ ਪਾਂਡੇ ਵਾਸਤੇ ਹੀ ਹੈ। ਇਸ ਤੁਕ ਵਿਚ ਪਾਂਡੇ ਨੂੰ ਆਪਣਾ ਹਾਲ ਦੱਸਦੇ ਹਨ ਕਿ ਮੈਂ ਤਾਂ 'ਬੀਠੁਲ' ਦਾ ਦੀਦਾਰ ਕਰ ਲਿਆ ਹੈ, ਪਰ ਨਾਲ ਹੀ ਉਸ ਨੂੰ ਇਹ ਚੇਤਾ ਭੀ ਕਰਾਂਦੇ

ਹਨ ਕਿ ਤੂੰ ਤਾਂ ਮੂਰਖ ਹੀ ਰਹਿਓਂ, ਤੈਨੂੰ ਦੀਦਾਰ ਨਾ ਹੋਇਆ। ਬਾਕੀ ਸਾਰੇ ਸ਼ਬਦ ਵਿਚ ਪਾਂਡੇ ਨੂੰ ਉਸ ਦੀਆਂ ਉਕਾਈਆਂ ਸਮਝਾ ਰਹੇ ਹਨ, ਜਿਨ੍ਹਾਂ ਨੇ ਉਸ ਨੂੰ ਬੀਠਲ ਦਾ ਦਰਸ਼ਨ ਕਰਨ ਨਹੀਂ ਦਿੱਤਾ।

ਇੱਥੇ ਇਕ ਹੋਰ ਸੁਆਦਲੀ ਗੱਲ ਭੀ ਵੇਖਣ ਵਾਲੀ ਹੈ। ਜੇ ਨਾਮਦੇਵ ਜੀ ਦਾ 'ਬੀਠਲ' ਕਿਸੇ ਮੰਦਰ ਵਿਚ ਸਥਾਪਨ ਕੀਤਾ ਹੁੰਦਾ, ਤਾਂ ਉਸ ਮੰਦਰ ਵਿਚ ਰਹਿਣ ਵਾਲੇ "ਪਾਂਡੇ" ਨੂੰ ਤਾਂ ਉਸ ਦਾ ਦਰਸ਼ਨ, ਜਦ ਉਹ ਚਾਹੁੰਦਾ, ਹੋ ਸਕਦਾ ਸੀ, ਕਿਉਂਕਿ ਪਾਂਡਾ ਉੱਚੀ ਜਾਤ ਦਾ ਸੀ। ਪਰ ਸ਼ੂਦਰ ਨਾਮਦੇਵ ਨੂੰ 'ਬੀਠੁਲ' ਦਾ ਦਰਸ਼ਨ ਕਿਵੇਂ ਹੋਇਆ? ਇਸ ਨੂੰ ਤਾਂ ਸ਼ੂਦਰ ਹੋਣ ਕਰਕੇ ਸਗੋਂ ਧੱਕੇ ਪੈ ਸਕਦੇ ਸਨ। ਪਰ ਅਸਲ ਗੱਲ ਇਹ ਹੈ ਕਿ ਨਾਮਦੇਵ ਦਾ 'ਬੀਠਲ' ਕਿਸੇ ਮੰਦਰ ਵਿਚ ਬਿਠਾਇਆ ਹੋਇਆ ਬੀਠਲ ਨਹੀਂ ਸੀ, ਉਹ 'ਬੀਠਲ' ਉਹ ਸੀ "ਜਹ ਦੇਹੁਰਾ ਨ ਮਸੀਤਿ"। ਕੀ ਅਜੇ ਭੀ ਕੋਈ ਸ਼ੱਕ ਰਹਿ ਜਾਂਦਾ ਹੈ ਕਿ ਭਗਤ ਨਾਮਦੇਵ ਜੀ ਕਿਸੇ ਮੰਦਰ-ਵਿਚ-ਥਾਪੇ ਹੋਏ 'ਬੀਠਲ' ਦੇ ਪੁਜਾਰੀ ਨਹੀਂ ਸਨ? ਉਹ ਤਾਂ ਸਗੋਂ ਮੰਦਰ ਵਿਚ ਟਿਕਾਏ ਹੋਏ ਬੀਠਲ ਦੀ ਪੂਜਾ ਕਰਨ ਵਾਲੇ ਪਾਂਡੇ ਨੂੰ ਕਹਿ ਰਹੇ ਹਨ ਕਿ ਤੂੰ ਮੂਰਖ ਹੀ ਰਹਿਓਂ, ਤੈਨੂੰ ਅਜੇ ਤਕ ਬੀਠਲ ਦੇ ਦਰਸ਼ਨ ਹੀ ਨਹੀਂ ਹੋ ਸਕੇ।

ਪਾਂਡੇ ਨੂੰ 'ਬੀਠਲ' ਦੇ ਦਰਸ਼ਨ ਕਿਉਂ ਨਹੀਂ ਹੋ ਸਕੇ? ਇਸ ਦਾ ਉੱਤਰ ਸ਼ਬਦ ਦੇ ਸਾਰੇ 'ਬੰਦਾਂ' ਵਿੱਚ ਹੈ। ਮੁੱਖ ਗੱਲ ਇਹ ਕਹੀ ਹੈ ਕਿ ਪਾਂਡਾ ਅੰਨ੍ਹਾ ਹੈ ਇਸ ਦੀਆਂ ਦੋਵੇਂ ਅੱਖਾਂ ਬੰਦ ਹਨ। ਗਿਆਨ-ਦਾਤਾ ਗੁਰੂ ਦੇ ਲੜ ਲੱਗਣਾ—ਇਹ ਹੈ ਆਤਮਕ ਤੌਰ ਤੇ ਸੁਜਾਖੇ ਬੰਦੇ ਦੀ ਇੱਕ ਅੱਖ; ਪਰਮਾਤਮਾ ਦਾ ਸਹੀ ਸਰੂਪ—ਇਹ ਹੈ ਦੂਜੀ ਅੱਖ। ਪਾਂਡੇ ਨੇ ਗਿਆਨ ਪਰਾਪਤ ਕਰਨ ਲਈ ਗਾਇਤ੍ਰੀ ਦਾ ਪਵਿੱਤਰ ਜਾਪ ਕੀਤਾ, ਮਹਾਦੇਵ ਦੀ ਓਟ ਲਈ, ਸ੍ਰੀ ਰਾਮ ਚੰਦਰ ਜੀ ਦੇ ਚਰਨਾਂ ਤੇ ਢੱਠਾ; ਪਰ ਇਹਨਾਂ ਵਿਚੋਂ ਕਿਸੇ ਦੇ ਭੀ ਲੜ ਨਾ ਲੱਗਾ, ਕਿਸੇ ਉੱਤੇ ਭੀ ਸ਼ਰਧਾ ਨਾ ਬਣਾਈ, ਸਗੋਂ ਇਹਨਾਂ ਬਾਰੇ ਅਜਿਹੀਆਂ ਕਹਾਣੀਆਂ ਘੜ ਲਈਆਂ ਕਿ ਪੂਰਨ ਸ਼ਰਧਾ ਬਣ ਹੀ ਨਾ ਸਕੇ। ਲਫ਼ਜ਼ ਗਾਇਤ੍ਰੀ ਮਹਾਦੇਵ ਅਤੇ ਰਾਮ ਚੰਦ ਨਾਲ ਵਰਤੇ ਲਫ਼ਜ਼ 'ਤੁਮਰੀ' ਅਤੇ 'ਤੁਮਰਾ' ਖ਼ਾਸ ਤੌਰ ਤੇ ਸਮਝਣ-ਯੋਗ ਹਨ। ਭਾਵ ਇਹ ਹੈ ਕਿ ਹੇ ਪਾਂਡੇ! ਜਿਸ ਗਾਇਤ੍ਰੀ ਆਦਿਕ ਨੂੰ 'ਤੂੰ' ਆਪਣਾ ਗਿਆਨ-ਦਾਤਾ ਕਹਿੰਦਾ ਹੈਂ, ਉਸ ਵਿਚ 'ਤੂੰ ਆਪ ਹੀ' ਨੁਕਸ ਦੱਸੀ ਜਾ ਰਿਹਾ ਹੈਂ। ਫਿਰ ਤੇਰਾ ਸਿਦਕ ਕਿਵੇਂ ਬੱਝੇ? ਇਹ ਗਿਆਨ ਦੀ ਅੱਖ ਗਈ। ਦੂਜੀ ਦਾ ਭੀ ਇਹੀ ਹਾਲ ਹੋਇਆ। 'ਬੀਠਲ' ਸੀ, ਮਾਇਆ ਤੋਂ ਪਰੇ ਅਤੇ ਸਰਬ-ਵਿਆਪਕ ਪਰ, ਪਾਂਡੇ ਨੇ ਉਸ ਨੂੰ ਮੰਦਰ ਵਿਚ ਕੈਦ ਕਰ ਦਿੱਤਾ; ਸਿਰਫ਼ ਉਸ ਮੂਰਤੀ ਨੂੰ ਬੀਠਲ ਸਮਝਿਆ ਜੋ

ਮੰਦਰ ਵਿਚ ਸੀ, ਸੰਸਾਰ ਵਿਚ ਵੱਸਦਾ ਬੀਠਲ ਉਸ ਨੂੰ ਨਾ ਦਿੱਸਿਆ।

ਤੁਰਕ ਇਸ ਗੱਲੋਂ ਕੁਝ ਬਚਿਆ ਰਿਹਾ। ਇਸ ਨੇ ਹਜ਼ਰਤ ਮੁਹੰਮਦ ਸਾਹਿਬ ਵਿਚ ਪੂਰਾ ਸਿਦਕ ਬਣਾਇਆ ਹੈ। ਪਰ ਇਕ ਉਕਾਈ ਇਹ ਭੀ ਖਾ ਗਿਆ, ਇਸ ਨੇ ਮਸਜਿਦ ਨੂੰ ਹੀ ਰੱਬ ਦਾ ਘਰ ਸਮਝ ਲਿਆ ਹੈ, ਇਸ ਨੇ ਨਿਰੇ ਕਾਹਬੇ ਵਿਚ ਹੀ ਰੱਬ ਨੂੰ ਵੇਖਣ ਦੀ ਕੋਸ਼ਸ਼ ਕੀਤੀ ਹੈ। ਸੋ, ਇਕ ਅੱਖੋਂ ਕਾਣਾ ਰਹਿ ਗਿਆ।

ਗੁਰੂ ਨਾਨਕ ਸਾਹਿਬ ਨੂੰ ਭਲਾ ਇਹ ਸ਼ਬਦ ਕਿਉਂ ਪਿਆਰਾ ਲੱਗਾ? ਉਹਨਾਂ ਭਗਤ ਜੀ ਦੇ ਵਤਨ ਤੋਂ ਇਹ ਸਾਂਭ ਕੇ ਕਿਉਂ ਲਿਆਂਦਾ? ਹੁਣ ਉੱਪਰਲੀ ਵਿਚਾਰ ਦੇ ਸਾਹਮਣੇ ਉੱਤਰ ਸਪੱਸ਼ਟ ਹੈ-(੧) ਗੁਰੂ (ਗ੍ਰੰਥ ਸਾਹਿਬ) ਦੀ ਬਾਣੀ ਸਿੱਖ ਦੇ ਜੀਵਨ ਦਾ ਆਸਰਾ ਹੈ, ਪਰ ਇਸ ਵਿਚ ਕਿਤੇ ਕੋਈ ਸ਼ੱਕ ਨਹੀਂ ਰਹਿਣਾ ਚਾਹੀਦਾ ਕਿ ਫ਼ਲਾਣਾ ਸ਼ਬਦ ਤਾਂ ਸਾਨੂੰ ਨਹੀਂ ਜੱਚਦਾ; (੨) ਜੇ ਪਾਂਡੇ ਦੇ ਮਹਾਦੇਵ ਵਾਂਗ ਸਿੱਖ ਨੇ ਭੀ ਆਪਣੇ ਪ੍ਰੀਤਮ ਗੁਰੂ ਨੂੰ ਸਰਾਪ ਦੇਣ ਵਾਲਾ ਮੰਨ ਲਿਆ; ਤਾਂ ਜਿਵੇਂ ਪਾਂਡਾ ਮਹਾਦੇਵ ਨੂੰ ਪੂਜਦਾ ਤਾਂ ਹੈ ਪਰ ਉਸ ਪਾਸੋਂ ਕੰਬਦਾ ਫਿਰ ਭੀ ਰਹਿੰਦਾ ਹੈ ਕਿ ਕਿਤੇ ਸ੍ਰਾਪ ਨਾ ਮਿਲ ਜਾਏ, ਸਿੱਖ ਦਾ ਭੀ ਇਹੀ ਹਾਲ ਰਹੇਗਾ, ਗੁਰੂ ਦੇ ਚਰਨਾਂ ਤੋਂ ਰੀਝ ਨਾਲ ਸਦਕੇ ਨਹੀਂ ਹੋ ਸਕੇਗਾ, ਕਿਉਂਕਿ ਉਸ ਨੂੰ ਇਹੀ ਡਰ ਰਹੇਗਾ ਕਿ ਗੁਰੂ ਗੁੱਸੇ ਵਿਚ ਆ ਕੇ ਸ੍ਰਾਪ ਦੇ ਸਕਦਾ ਹੈ; (੩) ਸਿੱਖ ਦਾ ਪੂਜਯ ਅਕਾਲਪੁਰਖ ਹਰ ਥਾਂ ਹੈ, ਤੇ ਸਿੱਖ ਦਾ ਤੀਰਥ ਉਸ ਦਾ ਅਪਣਾ ਹਿਰਦਾ ਹੈ, ਜਿੱਥੇ ਨਿਤ ਜੁੜ ਕੇ ਸਿੱਖ ਇਸ਼ਨਾਨ ਕਰਦਾ ਹੈ।

ਪਦ ਅਰਥ :-ਆਜੁ-ਅੱਜ, ਹੁਣ, ਇਸੇ ਜਨਮ ਵਿਚ। ਬੀਠਲੁ-[Skt. ਵਿਸ਼ਠਲ One situated at a distance. ਵਿ-ਪਰੇ, ਦੂਰ। ਸਥਲ-ਖਲੋਤਾ ਹੋਇਆ] ਉਹ ਜੋ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ। ਰੇ-ਹੇ ਪਾਂਡੇ! ਸਮਝਾਊ-ਮੈਂ ਸਮਝਾਵਾਂ। ਰਹਾਉ।

ਤੁਮਰੀ ਗਾਇਤ੍ਰੀ-ਜਿਸ ਨੂੰ ਤੁਸੀ ਗਾਇਤ੍ਰੀ ਆਖਦੇ ਹੋ ਤੇ ਜਿਸ ਬਾਰੇ ਇਹ ਸ਼ਰਧਾ-ਹੀਣ ਕਹਾਣੀ ਭੀ ਬਣਾ ਰੱਖੀ ਹੈ। ਗਾਇਤ੍ਰੀ-[Skt. गायत्री-ਇਕ ਬੜਾ ਪਵਿੱਤਰ ਮੰਤਰ, ਜਿਸ ਦਾ ਪਾਠ ਹਰੇਕ ਬ੍ਰਾਹਮਣ ਲਈ ਸਵੇਰੇ ਸ਼ਾਮ ਕਰਨਾ ਜ਼ਰੂਰੀ ਹੈ। ਉਹ ਮੰਤਰ ਇਉਂ ਹੈ :-तत्सवितुर्वरेण्य भर्गो देवस्य धीमाहीं धयो यो नः प्रचोदयात्। ਲੋਧਾ-ਜੱਟਾਂ ਦੀ ਇਕ ਜਾਤ ਦਾ ਨਾਉਂ ਹੈ। ਠੇਗਾ-ਸੋਟਾ। ਲਾਂਗਤ-ਲੰਙਾ ਲੰਙਾ ਕੇ। ੧।

ਮਹਾਦੇਵ-ਸ਼ਿਵ। ਮਉਲੇ-ਚਿੱਟੇ। ਮੋਦੀ-ਭੰਡਾਰੀ। ਵਾ ਕਾ-ਉਸ ਦਾ। ੨।

ਸਰਬਰ-ਲੜਾਈ। ਜੋਇ-ਇਸਤ੍ਰੀ।

ਤੁਰਕੂ—ਮੁਸਲਮਾਨ। ਜਹ—ਜਿਸ ਦਾ। ਦੇਹੁਰਾ—ਮੰਦਰ। ੪।

ਅਰਥ :—ਹੇ ਪਾਂਡੇ ! ਮੈਂ ਤਾਂ ਇਸੇ ਜਨਮ ਵਿਚ ਪਰਮਾਤਮਾ ਦਾ ਦਰਸ਼ਨ ਕਰ ਲਿਆ ਹੈ (ਪਰ ਤੂੰ ਮੂਰਖ ਹੀ ਰਹਿਓਂ, ਤੈਨੂੰ ਦਰਸ਼ਨ ਨਹੀਂ ਹੋਇਆ; ਆ) ਮੈਂ (ਤੈਨੂੰ) ਮੂਰਖ ਨੂੰ ਸਮਝਾਵਾਂ (ਕਿ ਤੈਨੂੰ ਦਰਸ਼ਨ ਕਿਉਂ ਨਹੀਂ ਹੁੰਦਾ)। ੧। ਰਹਾਉ।

ਹੇ ਪਾਂਡੇ ! (ਪਹਿਲਾਂ ਤਾਂ ਜਿਸ ਗਾਇਤ੍ਰੀ ਦਾ ਤੂੰ ਪਾਠ ਕਰਦਾ ਹੈਂ ਉਸ ਉੱਤੇ ਤੇਰੀ ਸ਼ਰਧਾ ਨਹੀਂ ਬਣ ਸਕਦੀ, ਕਿਉਂਕਿ) ਤੇਰੀ ਗਾਇਤ੍ਰੀ (ਉਹ ਹੈ ਜਿਸ ਬਾਰੇ ਤੂੰ ਆਪ ਹੀ ਆਖਦਾ ਹੈਂ ਕਿ ਇਕ ਵਾਰੀ ਸ੍ਰਾਪ ਦੇ ਕਾਰਨ ਗਊ ਦੀ ਜੂਨ ਵਿਚ ਆ ਕੇ ਇਹ) ਇਕ ਲੋਧੇ ਜੱਟ ਦੀ ਪੈਲੀ ਖਾਣ ਜਾ ਪਈ, ਉਸ ਨੇ ਸੋਟਾ ਲੈ ਕੇ ਲੱਤ ਤੋੜ ਦਿੱਤੀ ਤਾਂ (ਵਿਚਾਰੀ) ਲੰਙਾ ਲੰਙਾ ਕੇ ਤੁਰਨ ਲੱਗੀ। ੧।

ਹੇ ਪਾਂਡੇ ! (ਫਿਰ ਤੂੰ ਜਿਸ ਸ਼ਿਵ ਜੀ ਦੀ ਅਰਾਧਨਾ ਕਰਦਾ ਹੈਂ ਉਸ ਨੂੰ ਬੜਾ ਕ੍ਰੋਧੀ ਸਮਝਦਾ ਹੈਂ ਤੇ ਆਖਦਾ ਹੈਂ ਕਿ ਗੁੱਸੇ ਵਿਚ ਆ ਕੇ ਉਹ ਸ੍ਰਾਪ ਦੇ ਦੇਂਦਾ ਹੈ, ਭਸਮ ਕਰ ਦੇਂਦਾ ਹੈ। ਐਸੇ ਸ਼ਿਵ ਨਾਲ ਤੂੰ ਪਿਆਰ ਕਿਵੇਂ ਕਰ ਸਕਦਾ ਹੈਂ ?) ਤੇਰਾ ਸ਼ਿਵ (ਤਾਂ ਉਹ ਹੈ ਜਿਸ ਬਾਰੇ ਤੂੰ ਆਖਦਾ ਹੈਂ) ਕਿਸੇ ਭੰਡਾਰੀ ਦੇ ਘਰ ਉਸ ਵਾਸਤੇ ਭੋਜਨ ਤਿਆਰ ਹੋਇਆ, ਸ਼ਿਵ ਨੂੰ ਚਿੱਟੇ ਬਲਦ ਉੱਤੇ ਚੜ੍ਹਿਆ ਜਾਂਦਾ ਵੇਖਿਆ, (ਭਾਵ, ਤੂੰ ਦੱਸਦਾ ਹੈਂ ਕਿ ਸ਼ਿਵ ਜੀ ਚਿੱਟੇ ਬਲਦ ਦੀ ਸਵਾਰੀ ਕਰਦੇ ਸਨ) (ਪਰ ਸ਼ਾਇਦ ਉਹ ਭੋਜਨ ਪਸੰਦ ਨਾ ਆਇਆ, ਸ਼ਿਵ ਜੀ ਨੇ ਸ੍ਰਾਪ ਦੇ ਕੇ) ਉਸ ਦਾ ਮੁੰਡਾ ਮਾਰ ਦਿੱਤਾ।੨।

ਹੇ ਪਾਂਡੇ ! ਤੇਰੇ ਸ੍ਰੀ ਰਾਮ ਚੰਦਰ ਜੀ ਭੀ ਆਉਂਦੇ ਵੇਖੇ ਹਨ (ਭਾਵ, ਜਿਸ ਸ੍ਰੀ ਰਾਮ ਚੰਦਰ ਜੀ ਦੀ ਤੂੰ ਉਪਾਸ਼ਨਾ ਕਰਦਾ ਹੈਂ, ਉਹਨਾਂ ਦੀ ਬਾਬਤ ਭੀ ਤੈਥੋਂ ਇਹੀ ਕੁਝ ਅਸਾਂ ਸੁਣਿਆ ਹੈ ਕਿ) ਰਾਵਣ ਨਾਲ ਉਹਨਾਂ ਦੀ ਲੜਾਈ ਹੋ ਪਈ, ਕਿਉਂਕਿ ਉਹ ਵਹੁਟੀ (ਸੀਤਾ ਜੀ) ਗਵਾ ਬੈਠੇ ਸਨ। ੩।

ਨੋਟ :—'ਰਾਮਾਇਣ' ਅਤੇ 'ਉੱਤਰ ਰਾਮ ਚਰਿਤ੍ਰ' ਆਦਿਕ ਪੁਸਤਕਾਂ ਵਿਚ ਕਈ ਦੂਸ਼ਣ ਭੀ ਸ੍ਰੀ ਰਾਮ ਚੰਦਰ ਜੀ ਉੱਤੇ ਆਰੋਪਣ ਕੀਤੇ ਗਏ ਹਨ, ਭਾਵੇਂ ਉਹ ਭਗਤੀ-ਭਾਵ ਵਿਚ ਗਲੇਫ਼ੇ ਹੋਏ ਹਨ —ਬਾਲੀ ਨੂੰ ਛਿਪ ਕੇ ਮਾਰਨਾ, ਇਕ ਰਾਖ਼ਸ਼ਣੀ ਨੂੰ ਮਾਰਨਾ, ਸੀਤਾ ਜੀ ਨੂੰ ਘਰੋਂ ਕੱਢ ਦੇਣਾ ਇਤਿਆਦਿਕ। ਇਹ ਦੂਸ਼ਣ ਲਾ ਕੇ ਉਹਨਾਂ ਵਿਚ ਪੂਰੀ ਸ਼ਰਧਾ ਰੱਖਣੀ ਅਸੰਭਵ ਹੋ ਜਾਂਦੀ ਹੈ।

ਸੋ ਹਿੰਦੂ ਦੋਵੇਂ ਅੱਖਾਂ ਗਵਾ ਬੈਠਾ ਹੈ, ਪਰ ਮੁਸਲਮਾਨ ਦੀ ਇੱਕ ਅੱਖ ਹੀ ਖਰਾਬ ਹੋਈ ਹੈ; ਇਹਨਾਂ ਦੋਹਾਂ ਨਾਲੋਂ ਸਿਆਣਾ ਉਹ ਬੰਦਾ ਹੈ ਜਿਸ ਨੂੰ (ਪ੍ਰਭੂ ਦੀ ਹਸਤੀ ਦਾ ਸਹੀ)ਗਿਆਨ ਹੋ ਗਿਆ ਹੈ। (ਹਿੰਦੂ ਨੇ ਇੱਕ ਅੱਖ ਤਾਂ ਤਦੋਂ ਗਵਾਈ ਜਦੋਂ

ਉਹ ਆਪਣੇ ਇਸ਼ਟ ਬਾਰੇ ਸ਼ਰਧਾ-ਹੀਣ ਕਹਾਣੀਆਂ ਘੜਨ ਲੱਗ ਪਿਆ, ਤੇ ਦੂਜੀ ਗਵਾਈ, ਜਦੋਂ ਉਹ ਪਰਮਾਤਮਾ ਨੂੰ ਨਿਰਾ ਮੰਦਰ ਵਿਚ ਬੈਠਾ ਸਮਝ ਕੇ) ਮੰਦਰ ਨੂੰ ਪੂਜਣ ਲੱਗ ਪਿਆ, ਮੁਸਲਮਾਨ (ਦੀ ਹਜ਼ਰਤ ਮੁਹੰਮਦ ਸਾਹਿਬ ਵਿਚ ਪੂਰੀ ਸ਼ਰਧਾ ਹੋਣ ਕਰਕੇ ਇੱਕ ਅੱਖ ਤਾਂ ਸਾਬਤ ਹੈ ਪਰ ਦੂਜੀ ਗਵਾ ਬੈਠਾ ਹੈ, ਕਿਉਂਕਿ ਰੱਬ ਨੂੰ ਨਿਰਾ ਮਸਜਿਦ ਵਿਚ ਜਾਣ ਕੇ) ਮਸਜਿਦ ਨੂੰ ਹੀ ਰੱਬ ਦਾ ਘਰ ਸਮਝ ਰਿਹਾ ਹੈ। ਮੈਂ ਨਾਮਦੇਵ ਉਸ ਪਰਮਾਤਮਾ ਦਾ ਸਿਮਰਨ ਕਰਦਾ ਹਾਂ ਜਿਸ ਦਾ ਨਾਂਹ ਕੋਈ ਖ਼ਾਸ ਮੰਦਰ ਹੈ ਤੇ ਨਾ ਮਸਜਿਦ।੪।੩।੭।

--o--

੧ ੴ ਸਤਿਗੁਰ ਪ੍ਰਸਾਦਿ ॥

ਰਾਗੁ ਗੋਂਡ ਬਾਣੀ ਰਵਿਦਾਸ ਜੀਉ ਕੀ ਘਰੁ ੨

ਮੁਕੰਦ ਮੁਕੰਦ ਜਪਹੁ ਸੰਸਾਰ ॥ ਬਿਨੁ ਮੁਕੰਦ ਤਨੁ ਹੋਇ ਅਉਹਾਰ॥ ਸੋਈ ਮੁਕੰਦੁ ਮੁਕਤਿ ਕਾ ਦਾਤਾ ॥ ਸੋਈ ਮੁਕੰਦੁ ਹਮਰਾ ਪਿਤ ਮਾਤਾ ॥੧॥ ਜੀਵਤ ਮੁਕੰਦੇ ਮਰਤ ਮੁਕੰਦੇ ॥ ਤਾ ਕੇ ਸੇਵਕ ਕਉ ਸਦਾ ਅਨੰਦੇ ॥ ੧ ॥ ਰਹਾਉ ॥ ਮੁਕੰਦ ਮੁਕੰਦ ਹਮਾਰੇ ਪ੍ਰਾਨੰ ॥ ਜਪਿ ਮੁਕੰਦ ਮਸਤਕਿ ਨੀਸਾਨੰ॥ ਸੇਵ ਮੁਕੰਦ ਕਰੈ ਬੈਰਾਗੀ ॥ ਸੋਈ ਮੁਕੰਦੁ ਦੁਰਬਲ ਧਨੁ ਲਾਧੀ ॥੨॥ ਏਕੁ ਮੁਕੰਦੁ ਕਰੈ ਉਪਕਾਰੁ॥ਹਮਰਾ ਕਹਾ ਕਰੈ ਸੰਸਾਰੁ ॥ ਮੇਟੀ ਜਾਤਿ ਹੂਏ ਦਰਬਾਰਿ ॥ ਤੁਹੀ ਮੁਕੰਦ ਜੋਗ ਜੁਗ ਤਾਰਿ ॥ ੩ ॥ ਉਪਜਿਓ ਗਿਆਨੁ ਹੂਆ ਪਰਗਾਸ ॥ ਕਰਿ ਕਿਰਪਾ ਲੀਨੇ ਕੀਟ ਦਾਸ ॥ ਕਹੁ ਰਵਿਦਾਸ ਅਬ ਤ੍ਰਿਸਨਾ ਚੂਕੀ ॥ ਜਪਿ ਮੁਕੰਦ ਸੇਵਾ ਤਾਹੂ ਕੀ ॥੪॥੧॥[ਪੰਨਾ ੮੭੫]

ਪਦ ਅਰਥ :—ਮੁਕੰਦ—[Skt. मुकुन्द—मुकुं ददाति इति—One who gives salvation] ਮੁਕਤੀ-ਦਾਤਾ ਪ੍ਰਭੂ । ਸੰਸਾਰ—ਹੇ ਸੰਸਾਰ ! ਹੇ ਲੋਕੋ ! ਅਉਹਾਰ—[Skt. अवहार्य—to be taken away] ਨਾਸਵੰਤ (ਭਾਵ, ਵਿਅਰਥ ਜਾਣ ਵਾਲਾ)। ੧ ।

ਜੀਵਤ—ਜੀਊਂਦਿਆਂ, ਸਾਰੀ ਉਮਰ । ਮਰਤ—ਮਰਨ ਵੇਲੇ ਭੀ । ਤਾ ਕੇ—ਉਸ ਮੁਕੰਦ ਦੇ । ੧ । ਰਹਾਉ ।

ਪ੍ਰਾਨੰ—ਜਿੰਦ, ਆਸਰਾ । ਮਸਤਕਿ—ਮੱਥੇ ਉੱਤੇ । ਨੀਸਾਨੰ—ਨਿਸ਼ਾਨ, ਨੂਰ । ਸੇਵ ਮੁਕੰਦ—ਮੁਕੰਦ ਦੀ ਸੇਵਾ । ਬੈਰਾਗੀ—ਵੈਰਾਗਵਾਨ । ਦੁਰਬਲ—ਕਮਜ਼ੋਰ ਨੂੰ,ਨਿਰਧਨ ਨੂੰ । ਲਾਧੀ—(ਮੈਨੂੰ) ਲੱਭਾ । ੨ ।

ਉਪਕਾਰੁ—ਮਿਹਰ, ਭਲਾਈ । ਕਹਾ ਕਰੈ—ਕੁਝ ਵਿਗਾੜ ਨਹੀਂ ਸਕਦਾ । ਦਰਬਾਰਿ—ਦਰਬਾਰੀ, ਪ੍ਰਭੂ ਦੀ ਹਜ਼ੂਰੀ ਵਿਚ ਵੱਸਣ ਵਾਲੇ । ਜੋਗ ਜੁਗ—ਜੁਗਾਂ ਜੁਗਾਂ ਵਿਚ । ਤਾਰਿ—ਤਾਰਨਹਾਰ । ੩ ।

ਪਰਗਾਸ—ਚਾਨਣ । ਕੀਟ—ਕੀੜੇ, ਨਿਮਾਣੇ । ਚੂਕੀ—ਮੁੱਕ ਗਈ । ਤਾਹੂ ਕੀ—ਉਸ ਮੁਕੰਦ ਦੀ ਹੀ । ਜਪਿ—ਜਪੀਂ, ਮੈਂ ਜਪਦਾ ਹਾਂ । ੪ ।

ਅਰਥ :—ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਦੇਣ ਵਾਲੇ ਪ੍ਰਭੂ ਦੀ ਬੰਦਗੀ ਕਰਨ

ਵਾਲੇ ਨੂੰ ਸਦਾ ਹੀ ਅਨੰਦ ਬਣਿਆ ਰਹਿੰਦਾ ਹੈ, ਕਿਉਂਕਿ ਉਹ ਜੀਊਂਦਾ ਭੀ ਪ੍ਰਭੂ ਨੂੰ ਸਿਮਰਦਾ ਹੈ ਤੇ ਮਰਦਾ ਭੀ ਉਸੇ ਨੂੰ ਯਾਦ ਕਰਦਾ ਹੈ (ਸਾਰੀ ਉਮਰ ਹੀ ਪ੍ਰਭੂ ਨੂੰ ਚੇਤੇ ਰੱਖਦਾ ਹੈ)। ੧। ਰਹਾਉ।

ਹੇ ਲੋਕੋ ! ਮੁਕਤੀ-ਦਾਤੇ ਪ੍ਰਭੂ ਨੂੰ ਸਦਾ ਸਿਮਰੋ, ਉਸ ਦੇ ਸਿਮਰਨ ਤੋਂ ਬਿਨਾ ਇਹ ਸਰੀਰ ਵਿਅਰਥ ਹੀ ਚਲਾ ਜਾਂਦਾ ਹੈ। ਮੇਰਾ ਤਾਂ ਮਾਂ ਪਿਉ ਹੀ ਉਹ ਪ੍ਰਭੂ ਹੈ, ਉਹੀ ਦੁਨੀਆ ਦੇ ਬੰਧਨਾਂ ਤੋਂ ਮੇਰੀ ਰਾਖੀ ਕਰ ਸਕਦਾ ਹੈ। ੧।

ਪ੍ਰਭੂ ਦਾ ਸਿਮਰਨ ਮੇਰੀ ਜਿੰਦ (ਦਾ ਆਸਰਾ ਬਣ ਗਿਆ) ਹੈ, ਪ੍ਰਭੂ ਨੂੰ ਸਿਮਰ ਕੇ ਮੇਰੇ ਮੱਥੇ ਉੱਤੇ ਭਾਗ ਜਾਗ ਪਏ ਹਨ; ਪ੍ਰਭੂ ਦੀ ਭਗਤੀ ਮਨੁੱਖ ਨੂੰ) ਵੈਰਾਗਵਾਨ ਕਰ ਦੇਂਦੀ ਹੈ, ਮੈਨੂੰ ਗ਼ਰੀਬ ਨੂੰ ਪ੍ਰਭੂ ਦਾ ਨਾਮ ਹੀ ਧਨ ਲੱਭ ਪਿਆ ਹੈ।

ਜੇ ਇੱਕ ਪਰਮਾਤਮਾ ਮੇਰੇ ਉੱਤੇ ਮਿਹਰ ਕਰੇ, ਤਾਂ (ਮੈਨੂੰ ਚਮਾਰ ਚਮਾਰ ਆਖਣ ਵਾਲੇ ਇਹ) ਲੋਕ ਮੇਰਾ ਕੁਝ ਭੀ ਵਿਗਾੜ ਨਹੀਂ ਸਕਦੇ । ਹੇ ਪ੍ਰਭੂ ! (ਤੇਰੀ ਭਗਤੀ ਨੇ) ਮੇਰੀ(ਨੀਵੀਂ) ਜਾਤ (ਵਾਲੀ ਢਹਿੰਦੀ ਕਲਾ ਮੇਰੇ ਅੰਦਰੋਂ) ਮਿਟਾ ਦਿੱਤੀ ਹੈ, ਕਿਉਂਕਿ ਮੈਂ ਸਦਾ ਤੇਰੇ ਦਰ ਤੇ ਹੁਣ ਰਹਿੰਦਾ ਹਾਂ; ਤੂੰ ਹੀ ਸਦਾ ਮੈਨੂੰ (ਦੁਨੀਆਂ ਦੇ ਬੰਧਨਾਂ ਤੇ ਮੁਥਾਜੀਆਂ ਤੋਂ) ਪਾਰ ਲੰਘਾਉਣ ਵਾਲਾ ਹੈਂ। ੩।

(ਪ੍ਰਭੂ ਦੀ ਬੰਦਗੀ ਨਾਲ ਮੇਰੇ ਅੰਦਰ) ਆਤਮਕ ਜੀਵਨ ਦੀ ਸੂਝ ਪੈਦਾ ਹੋ ਗਈ ਹੈ, ਚਾਨਣ ਹੋ ਗਿਆ ਹੈ। ਮਿਹਰ ਕਰ ਕੇ ਮੈਨੂੰ ਨਿਮਾਣੇ ਦਾਸ ਨੂੰ ਪ੍ਰਭੂ ਨੇ ਆਪਣੇ ਬਣਾ ਲਿਆ ਹੈ। ਹੇ ਰਵਿਦਾਸ ! ਆਖ–ਹੁਣ ਮੇਰੀ ਤ੍ਰਿਸ਼ਨਾ ਮੁੱਕ ਗਈ ਹੈ, ਮੈਂ ਹੁਣ ਪ੍ਰਭੂ ਨੂੰ ਸਿਮਰਦਾ ਹਾਂ, ਨਿੱਤ ਪ੍ਰਭੂ ਦੀ ਹੀ ਭਗਤੀ ਕਰਦਾ ਹਾਂ। ੪। ੧।

ਸ਼ਬਦ ਦਾ ਭਾਵ :–ਪਰਮਾਤਮਾ ਦਾ ਸਿਮਰਨ ਕਰਿਆ ਕਰੋ। ਸਿਮਰਨ ਨੀਵਿਆਂ ਨੂੰ ਉੱਚਾ ਕਰ ਦੇਂਦਾ ਹੈ, ਤ੍ਰਿਸ਼ਨਾ ਮੁਕਾ ਦੇਂਦਾ ਹੈ।

ਗੋਂਡ ॥ ਜੇ ਓਹੁ ਅਠਸਠਿ ਤੀਰਥ ਨ੍ਹਾਵੈ ॥ ਜੇ ਓਹੁ ਦੁਆਦਸ ਸਿਲਾ ਪੂਜਾਵੈ ॥ ਜੇ ਓਹੁ ਕੂਪ ਤਟਾ ਦੇਵਾਵੈ ॥ ਕਰੈ ਨਿੰਦ ਸਭ ਬਿਰਥਾ ਜਾਵੈ ॥੧॥ ਸਾਧ ਕਾ ਨਿੰਦਕੁ ਕੈਸੇ ਤਰੈ ॥ ਸਰਪਰ ਜਾਨਹੁ ਨਰਕ ਹੀ ਪਰੈ ॥ ੧ ॥ ਰਹਾਉ ॥ ਜੇ ਓਹੁ ਗ੍ਰਹਨ ਕਰੈ ਕੁਲਖੇਤਿ ॥ ਅਰਪੈ ਨਾਰਿ ਸੀਗਾਰ ਸਮੇਤਿ॥ ਸਗਲੀ ਸਿੰਮ੍ਰਿਤਿ ਸ੍ਰਵਨੀ ਸੁਨੈ ॥ ਕਰੈ ਨਿੰਦ ਕਵਨੈ ਨਹੀ ਗੁਨੈ ॥ ੨ ॥ ਜੇ ਓਹੁ ਅਨਿਕ ਪ੍ਰਸਾਦ ਕਰਾਵੈ ॥ ਭੂਮਿ ਦਾਨ ਸੋਭਾ ਮੰਡਪਿ ਪਾਵੈ ॥ ਅਪਨਾ ਬਿਗਾਰਿ ਬਿਰਾਂਨਾ ਸਾਂਢੈ ॥ ਕਰੈ ਨਿੰਦ ਬਹੁ ਜੋਨੀ ਹਾਂਢੈ ॥ ੩ ॥ ਨਿੰਦਾ ਕਹਾ ਕਰਹੁ ਸੰਸਾਰਾ ॥ ਨਿੰਦਕ ਕਾ ਪਰਗਟਿ ਪਾਹਾਰਾ ॥ ਨਿੰਦਕੁ ਸੋਧਿ

ਸਾਧਿ ਬੀਚਾਰਿਆ ॥ ਕਹੁ ਰਵਿਦਾਸ ਪਾਪੀ ਨਰਕਿ ਸਿਧਾਰਿਆ ॥ ੪ ॥੨॥ ੧੧ ॥ ੭ ॥ ੨ ॥ ੪੯ ॥ ਜੋੜੁ ॥ [ਪੰਨਾ ੮੭੫]

ਪਦ ਅਰਥ :–ਅਠਸਠਿ –ਅਠਾਹਠ। ਦੁਆਦਸ ਸਿਲਾ–ਬਾਰਾਂ ਸ਼ਿਵਲਿੰਗ (ਸੋਮਨਾਥ, ਬਦਰੀਨਰੈਣ, ਕੇਦਾਰ, ਬਿਸ਼ੇਸ਼੍ਵਰ, ਰਾਮੇਸ਼੍ਵਰ, ਨਾਗੇਸ਼੍ਵਰ, ਬੈਜਨਾਥ,ਭੀਮਸ਼ੰਕਰ ਆਦਿਕ)। ਨੋਟ ! ਸਾਲਗ੍ਰਾਮ ਦੀ ਪੂਜਾ ਵਿਸ਼ਨੂੰ ਦੀ ਪੂਜਾ ਹੈ। 'ਸਿਲਾ' ਦੀ ਪੂਜਾ ਸ਼ਿਵ ਜੀ ਦੀ ਪੂਜਾ ਹੈ। ਕੂਪ–ਖੂਹ। ਤਟਾ–[ਤੜਾਗ] ਤਲਾਬ। ੧।

ਕੈਸੇ ਤਰੈ–ਨਹੀਂ ਤਰ ਸਕਦਾ। ਸਰਪਰ–ਜ਼ਰੂਰ। ੧। ਰਹਾਉ।

ਕੁਲਖੇਤਿ–ਕੁਲਖੇਤ੍ਰ (ਤੀਰਥ) ਉੱਤੇ (ਜਾ ਕੇ)। ਗ੍ਰਹਨ ਕਰੈ–ਗ੍ਰਹਿਣ (ਸਮੇਂ ਦਾ ਇਸ਼ਨਾਨ) ਕਰੇ। ਅਰਪੈ–ਭੇਟਾ ਕਰੇ, ਦਾਨ ਕਰੇ। ਸ੍ਰਵਨੀ–ਕੰਨਾਂ ਨਾਲ। ੨।

ਪ੍ਰਸਾਦ–ਭੋਜਨ, ਠਾਕਰਾਂ ਨੂੰ ਭੋਗ। ਮੰਡਪਿ–ਜਗਤ ਵਿਚ। ਬਿਗਾਰਿ–ਵਿਗਾੜ ਕੇ। ਸਾਂਢੈ–ਸਵਾਰੇ। ਹਾਂਢੈ–ਭਟਕਦਾ ਹੈ। ੩।

ਕਹਾ–ਕਿਉਂ ? ਪਰਗਟਿ–ਪਰਗਟੇ, ਪਰਗਟੈ, ਉੱਘੜ ਪੈਂਦਾ ਹੈ। ਪਹਾਰਾ–ਦੁਕਾਨ, (ਠੱਗੀ ਦੀ) ਹੱਟੀ। ਸੋਧਿ ਸਾਧਿ–ਚੰਗੀ ਤਰ੍ਹਾਂ ਵਿਚਾਰ ਕੇ। "ਕਹੁ, ਰਵਿਦਾਸ ! ਸੋਧਿ ਸਾਧਿ ਬੀਚਾਰਿਆ, ਪਾਪੀ ਨਿੰਦਕੁ ਨਰਕਿ ਸਿਧਾਰਿਆ"––ਅਨਵੈ। ੪।

ਅਰਥ :–ਸਾਧੂ ਗੁਰਮੁਖਿ ਦੀ ਨਿੰਦਾ ਕਰਨ ਵਾਲਾ ਮਨੁੱਖ (ਜਗਤ ਦੀਆਂ ਨਿਵਾਣਾਂ ਵਿਚੋਂ) ਪਾਰ ਨਹੀਂ ਲੰਘ ਸਕਦਾ, ਯਕੀਨ ਨਾਲ ਜਾਣੋ ਉਹ ਸਦਾ ਨਰਕ ਵਿਚ ਹੀ ਪਿਆ ਰਹਿੰਦਾ ਹੈ। ੧। ਰਹਾਉ।

ਜੇ ਕੋਈ ਮਨੁੱਖ ਅਠਾਹਠ ਤੀਰਥਾਂ ਦਾ ਇਸ਼ਨਾਨ(ਭੀ) ਕਰੇ, ਜੇ ਬਾਰਾਂ ਸ਼ਿਵਲਿੰਗਾਂ ਦੀ ਪੂਜਾ ਭੀ ਕਰੇ, ਜੇ (ਲੋਕਾਂ ਦੇ ਭਲੇ ਲਈ) ਖੂਹ ਤਲਾਬ (ਆਦਿਕ) ਲਵਾਏ; ਪਰ ਜੇ ਉਹ (ਗੁਰਮੁਖਾਂ ਦੀ) ਨਿੰਦਿਆ ਕਰਦਾ ਹੈ, ਤਾਂ ਉਸ ਦੀ ਇਹ ਸਾਰੀ ਮਿਹਨਤ ਵਿਅਰਥ ਜਾਂਦੀ ਹੈ। ੧।

ਜੇ ਕੋਈ ਮਨੁੱਖ ਕੁਲਖੇਤ੍ਰ-ਤੇ (ਜਾ ਕੇ) ਗ੍ਰਹਿਣ (ਦਾ ਇਸ਼ਨਾਨ) ਕਰੇ, ਗਹਿਣਿਆਂ ਸਮੇਤ ਆਪਣੀ ਵਹੁਟੀ (ਬ੍ਰਾਹਮਣਾਂ ਨੂੰ) ਦਾਨ ਕਰ ਦੇਵੇ, ਸਾਰੀਆਂ ਸਿਮ੍ਰਿਤੀਆਂ ਧਿਆਨ ਨਾਲ ਸੁਣੇ; ਪਰ ਜੇ ਉਹ ਭਲਿਆਂ ਦੀ ਨਿੰਦਿਆ ਕਰਦਾ ਹੈ, ਤਾਂ ਇਹਨਾਂ ਸਾਰੇ ਕੰਮਾਂ ਤੋਂ ਕੋਈ ਭੀ ਲਾਭ ਨਹੀਂ। ੨।

ਜੇ ਕੋਈ ਮਨੁੱਖ ਠਾਕਰਾਂ ਨੂੰ ਕਈ ਤਰ੍ਹਾਂ ਦੇ ਭੋਗ ਲਵਾਵੇ, ਜ਼ਮੀਨ ਦਾ ਦਾਨ ਕਰੇ (ਜਿਸ ਕਰਕੇ) ਜਗਤ ਵਿਚ ਸ਼ੋਭਾ ਖੱਟ ਲਏ, ਜੇ ਆਪਣਾ ਨੁਕਸਾਨ ਕਰ ਕੇ ਭੀ ਦੂਜਿਆਂ ਦੇ ਕੰਮ ਸਵਾਰੇ, ਤਾਂ ਭੀ ਜੇ ਉਹ ਭਲਿਆਂ ਦੀ ਨਿੰਦਿਆ ਕਰਦਾ ਹੈ ਤਾਂ ਕਈ ਜੂਨਾਂ ਵਿਚ ਭਟਕਦਾ ਹੈ। ੩।

ਹੇ ਦੁਨੀਆ ਦੇ ਲੋਕੋ ! ਤੁਸੀ (ਸੰਤਾਂ ਦੀ) ਨਿੰਦਿਆ ਕਿਉਂ ਕਰਦੇ ਹੋ ? (ਭਾਵੇਂ ਬਾਹਰੋਂ ਕਈ ਧਾਰਮਿਕ ਕੰਮ ਕਰੇ, ਪਰ ਜੇ ਮਨੁੱਖ ਸੰਤ ਦੀ ਨਿੰਦਾ ਕਰਦਾ ਹੈ ਤਾਂ ਸਾਰੇ ਧਾਰਮਿਕ ਕੰਮ ਇਕ ਠੱਗੀ ਹੀ ਹੈ, ਤੇ) ਨਿੰਦਕ ਦੀ ਇਹ ਠੱਗੀ ਦੀ ਦੁਕਾਨ ਉੱਘੜ ਪੈਂਦੀ ਹੈ। ਹੇ ਰਵਿਦਾਸ ! ਆਖ–ਅਸਾਂ ਚੰਗੀ ਤਰ੍ਹਾਂ ਵਿਚਾਰ ਕੇ ਵੇਖ ਲਿਆ ਹੈ ਕਿ ਸੰਤ ਦਾ ਨਿੰਦਕ ਕੁਕਰਮੀ ਰਹਿੰਦਾ ਹੈ ਤੇ ਨਰਕ ਵਿਚ ਪਿਆ ਰਹਿੰਦਾ ਹੈ ।੪।੨।੧੧। ੭।੨।੪੯।

ਨੋਟ ! ਗੋਂਡ ਰਾਗ ਦੇ ਸ਼ਬਦਾਂ ਦਾ ਵੇਰਵਾ :–

ਮ: ੪– ੬	ਕਬੀਰ ਜੀ–੧੧
ਮ: ੫–੨੨	ਨਾਮਦੇਵ ਜੀ– ੭
ਅਸਟਪਦੀ ਮ: ੫– ੧	ਰਵਿਦਾਸ ਜੀ– ੨
----	---
ਜੋੜ ੨੯	ਜੋੜ ੨੦
	ਕੁਲ ਜੋੜ=੪੯

ਭਾਵ :–ਗੁਰਮੁਖਾਂ ਦੇ ਨਿੰਦਕ ਦਾ ਕੋਈ ਭੀ ਧਾਰਮਿਕ ਉੱਦਮ ਉਸ ਨਿੰਦਕ ਨੂੰ ਸੋਜਲ ਨਹੀਂ ਸਕਦਾ।

--o--

ਰਾਮਕਲੀ ਮਹਲਾ ੧ ਘਰੁ ੧ ਚਉਪਦੇ

ੴ ਸਤਿਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ
ਅਕਾਲ ਮੂਰਤਿ ਅਜੂਨੀ ਸੈਭੰ ਗੁਰਪ੍ਰਸਾਦਿ ॥

ਕੋਈ ਪੜਤਾ ਸਹਸਾਕਿਰਤਾ ਕੋਈ ਪੜੈ ਪੁਰਾਨਾ ॥ ਕੋਈ ਨਾਮੁ ਜਪੈ ਜਪਮਾਲੀ ਲਾਗੈ ਤਿਸੈ ਧਿਆਨਾ ॥ ਅਬਹੀ ਕਬਹੀ ਕਿਛੂ ਨ ਜਾਨਾ ਤੇਰਾ ਏਕੋ ਨਾਮੁ ਪਛਾਨਾ ॥ ੧ ॥ ਨ ਜਾਣਾ ਹਰੇ ਮੇਰੀ ਕਵਨ ਗਤੇ ॥ ਹਮ ਮੂਰਖ ਅਗਿਆਨ ਸਰਨਿ ਪ੍ਰਭ ਤੇਰੀ ਕਰਿ ਕਿਰਪਾ ਰਾਖਹੁ ਮੇਰੀ ਲਾਜ ਪਤੇ ॥ ੧ ॥ ਰਹਾਉ ॥ ਕਬਹੂ ਜੀਅੜਾ ਊਭਿ ਚੜਤੁ ਹੈ ਕਬਹੂ ਜਾਇ ਪਇਆਲੇ ॥ ਲੋਭੀ ਜੀਅੜਾ ਥਿਰੁ ਨ ਰਹਤੁ ਹੈ ਚਾਰੇ ਕੁੰਡਾ ਭਾਲੇ ॥ ੨॥ ਮਰਣੁ ਲਿਖਾਇ ਮੰਡਲ ਮਹਿ ਆਏ ਜੀਵਣੁ ਸਾਜਹਿ ਮਾਈ ॥ ਏਕਿ ਚਲੇ ਹਮ ਦੇਖਹ ਸੁਆਮੀ ਭਾਹਿ ਬਲੰਤੀ ਆਈ ॥੩॥ਨ ਕਿਸੀ ਕਾ ਮੀਤੁ ਨ ਕਿਸੀ ਕਾ ਭਾਈ ਨਾ ਕਿਸੈ ਬਾਪੁ ਨ ਮਾਈ॥ ਪ੍ਰਣਵਤਿ ਨਾਨਕੁ ਜੇ ਤੂ ਦੇਵਹਿ ਅੰਤੇ ਹੋਇ ਸਖਾਈ ॥੪॥੧॥[ਪੰਨਾ ੮੭੬]

ਪਦ ਅਰਥ :—ਸਹਸਾ ਕਿਰਤਾ—[ਨੋਟ—ਲਫ਼ਜ਼ (ਸੰਸਕ੍ਰਿਤ)ਸੰਸਕ੍ਰਿਤ ਤੋਂ 'ਸਹਸਾ ਕਿਰਤਾ' ਪ੍ਰਾਕ੍ਰਿਤ-ਰੂਪ ਹੈ] ਮਾਗਧੀ ਪ੍ਰਾਕ੍ਰਿਤ ਭਾਸ਼ਾ ਵਿਚ ਬੋਧ ਤੇ ਜੈਨ ਗ੍ਰੰਥ । ਜਪਮਾਲੀ —ਮਾਲਾ । ਧਿਆਨਾ—ਸਮਾਧੀ । ਅਬ ਹੀ ਕਬ ਹੀ—ਹੁਣ ਭੀ ਤੇ ਕਦੇ ਭੀ ।੧।

ਨ ਜਾਣਾ—ਮੈਂ ਨਹੀਂ ਜਾਣਦਾ, ਮੈਨੂੰ ਸਮਝ ਨਹੀਂ । ਹਰੇ—ਹੇ ਹਰੀ ! ਗਤੇ—ਗਤੀ, ਆਤਮਕ ਹਾਲਤ । ਕਵਨ ਗਤੇ—ਕੇਹੜੀ ਆਤਮਕ ਹਾਲਤ ? (ਭਾਵ,) ਨੀਵੀਂ ਆਤਮਕ ਅਵਸਥਾ । ਪਤੇ—ਹੇ ਪਤੀ ! ੧ ਰਹਾਉ ।

ਊਭਿ–ਊੱਚਾ, ਆਕਾਸ਼ ਵਿਚ । ਜਾਇ–ਜਾਂਦਾ ਹੈ । ਪਇਆਲੇ–ਪਾਤਾਲ ਵਿਚ । ਥਿਰੁ–ਟਿਕਿਆ ਹੋਇਆ । ਕੁੰਡਾ–ਪਾਸੇ । ਭਾਲੇ–ਭਾਲਦਾ ਹੈ । ੨ ।

ਮੰਡਲ–ਜਗਤ, ਦੁਨੀਆ । ਸਾਜਹਿ–ਸਾਜਦੇ ਹਨ, ਬਣਾਂਦੇ ਹਨ । ਮਾਈ–ਹੇ ਮਾਂ ! ਇਕਿ–ਅਨੇਕਾਂ ਜੀਵ । ਚਲੇ–ਤੁਰੇ ਜਾ ਰਹੇ ਹਨ । ਦੇਖਹ–ਅਸੀ ਵੇਖਦੇ ਹਾਂ, ਸਾਡੀਆਂ ਅੱਖਾਂ ਦੇ ਸਾਹਮਣੇ । ਸੁਆਮੀ–ਹੇ ਪ੍ਰਭੂ ! ਭਾਹਿ–ਅੱਗ । ਬਲੰਤੀ ਆਈ–ਬਲੰਤੀ ਆਹੀ, ਬਲ ਰਹੀ ਹੈ । ੩ ।

ਕਿਸੈ–ਕਿਸੇ ਦਾ । ਪ੍ਰਣਵਤਿ–ਬੇਨਤੀ ਕਰਦਾ ਹੈ । ਦੇਵਹਿ–(ਨਾਮ ਦੀ ਦਾਤਿ) ਦੇਵੇਂ । ਸਖਾਈ–ਮਿਤ੍ਰ, ਸਹਾਇਕ । ੪ ।

ਅਰਥ :–ਹੇ ਹਰੀ ! ਮੈਨੂੰ ਇਹ ਸਮਝ ਨਹੀਂ ਸੀ ਕਿ (ਤੇਰੇ ਨਾਮ ਤੋਂ ਬਿਨਾ) ਮੇਰੀ ਆਤਮਕ ਅਵਸਥਾ ਨੀਵੀਂ ਹੋ ਜਾਇਗੀ । ਹੇ ਪ੍ਰਭੂ ! ਮੈਂ ਮੂਰਖ ਹਾਂ, ਅਗਿਆਨੀ ਹਾਂ, (ਪਰ) ਤੇਰੀ ਸਰਨ ਆਇਆ ਹਾਂ । ਹੇ ਪ੍ਰਭੂ-ਪਤੀ ! ਮੇਹਰ ਕਰ (ਮੈਨੂੰ ਆਪਣਾ ਨਾਮ ਬਖ਼ਸ਼, ਤੇ) ਮੇਰੀ ਇੱਜ਼ਤ ਰੱਖ ਲੈ । ੧ । ਰਹਾਉ ।

ਹੇ ਪ੍ਰਭੂ ! (ਤੇਰਾ ਨਾਮ ਵਿਸਾਰ ਕੇ) ਕੋਈ ਮਨੁੱਖ ਮਾਗਧੀ ਪ੍ਰਾਕ੍ਰਿਤ ਵਿਚ ਲਿਖੇ ਹੋਏ ਬੋਧ ਤੇ ਜੈਨ ਗ੍ਰੰਥ ਪੜ੍ਹ ਰਿਹਾ ਹੈ, ਕੋਈ (ਤੈਨੂੰ ਭੁਲਾ ਕੇ) ਪੁਰਾਣ ਆਦਿਕ ਪੜ੍ਹਦਾ ਹੈ, ਕੋਈ (ਕਿਸੇ ਦੇਵੀ ਦੇਵਤੇ ਨੂੰ ਸਿੱਧ ਕਰਨ ਲਈ) ਮਾਲਾ ਨਾਲ (ਦੇਵਤੇ ਦੇ) ਨਾਮ ਦਾ ਜਾਪ ਕਰਦਾ ਹੈ, ਕੋਈ ਸਮਾਧੀ ਲਾਈ ਬੈਠਾ ਹੈ । ਪਰ ਹੇ ਪ੍ਰਭੂ ! ਮੈਂ ਸਿਰਫ਼ ਤੇਰੇ ਨਾਮ ਨੂੰ ਪਛਾਣਦਾ ਹਾਂ (ਤੇਰੇ ਨਾਮ ਨਾਲ ਹੀ ਸਾਂਝ ਪਾਂਦਾ ਹਾਂ), ਮੈਂ ਕਦੇ ਭੀ (ਤੇਰੇ ਨਾਮ ਤੋਂ ਬਿਨਾ) ਕੋਈ ਹੋਰ ਉੱਦਮ (ਐਸਾ) ਨਹੀਂ ਸਮਝਦਾ (ਜੋ ਆਤਮਕ ਜੀਵਨ ਨੂੰ ਉੱਚਾ ਕਰ ਸਕੇ) । ੧ ।

(ਤੇਰੇ ਨਾਮ ਨੂੰ ਵਿਸਾਰ ਕੇ ਜੀਵ ਲੋਭ ਵਿਚ ਫਸ ਜਾਂਦਾ ਹੈ) ਕਦੇ (ਜਦੋਂ ਮਾਇਆ ਮਿਲਦੀ ਹੈ) ਜੀਵ (ਬੜਾ ਹੀ ਖ਼ੁਸ਼ ਹੁੰਦਾ, ਮਾਨੋ) ਆਕਾਸ਼ ਵਿਚ ਜਾ ਚੜ੍ਹਦਾ ਹੈ, ਕਦੇ (ਜਦੋਂ ਮਾਇਆ ਦੀ ਥੁੜ ਹੋ ਜਾਂਦੀ ਹੈ, ਤਾਂ ਬਹੁਤ ਡਾਵਾਂ-ਡੋਲ ਹੋ ਜਾਂਦਾ ਹੈ, ਮਾਨੋ) ਪਾਤਾਲ ਵਿਚ ਜਾ ਡਿੱਗਦਾ ਹੈ । ਲੋਭ-ਵੱਸ ਹੋਇਆ ਜੀਵ ਅਡੋਲ-ਚਿੱਤ ਨਹੀਂ ਰਹਿ ਸਕਦਾ, ਚੌਹੀਂ ਪਾਸੀਂ (ਮਾਇਆ ਦੀ) ਭਾਲ ਕਰਦਾ ਫਿਰਦਾ ਹੈ । ੨ ।

ਹੇ ਮਾਂ ! ਜੀਵ ਜਗਤ ਵਿਚ (ਇਹ ਲੇਖ ਮੱਥੇ ਤੇ) ਲਿਖਾ ਕੇ ਆਉਂਦੇ ਹਨ (ਕਿ) ਮੌਤ (ਜ਼ਰੂਰ ਆਵੇਗੀ; ਪਰ ਤੈਨੂੰ ਵਿਸਾਰ ਕੇ ਇਥੇ ਸਦਾ) ਜੀਊਂਦੇ ਰਹਿਣ ਦਾ ਬਾਨ੍ਹਣੂ ਬੰਨ੍ਹਦੇ ਰਹਿੰਦੇ ਹਨ । ਹੇ ਮਾਲਿਕ-ਪ੍ਰਭੂ ! ਸਾਡੀਆਂ ਅੱਖਾਂ ਦੇ ਸਾਹਮਣੇ ਹੀ ਅਨੇਕਾਂ ਜੀਵ (ਇਥੋਂ) ਤੁਰੇ ਜਾ ਰਹੇ ਹਨ, (ਮੌਤ ਦੀ) ਅੱਗ ਬਲ ਰਹੀ ਹੈ (ਇਸ ਵਿਚ ਸਭ ਦੇ ਸਰੀਰ ਭਸਮ ਹੋ ਜਾਣੇ ਹਨ, ਪਰ ਤੇਰੇ ਨਾਮ ਤੋਂ ਖੁੰਝ ਕੇ ਜੀਵ ਸਦਾ ਜੀਊਣਾ ਹੀ ਲੋਚਦੇ

ਹਨ) । ੩ ।

ਹੇ ਪ੍ਰਭੂ ! ਨਾਂਹ ਕਿਸੇ ਦਾ ਕੋਈ ਮਿਤ੍ਰ, ਨਾਂਹ ਕਿਸੇ ਦਾ ਕੋਈ ਭਰਾ, ਨਾਂਹ ਕਿਸੇ ਦਾ ਪਿਉ ਅਤੇ ਨਾਂਹ ਕਿਸੇ ਦੀ ਮਾਂ (ਅੰਤ ਵੇਲੇ ਕੋਈ ਕਿਸੇ ਨਾਲ ਸਾਥ ਨਹੀਂ ਨਿਬਾਹ ਸਕਦਾ) । ਨਾਨਕ (ਤੇਰੇ ਦਰ ਤੇ) ਬੇਨਤੀ ਕਰਦਾ ਹੈ-ਜੇ ਤੂੰ (ਆਪਣੇ ਨਾਮ ਦੀ ਦਾਤਿ) ਦੇਵੇਂ, ਤਾਂ(ਸਿਰਫ਼ ਇਹੀ) ਅੰਤ ਵੇਲੇ ਸਹਾਈ ਹੋ ਸਕਦਾ ਹੈ । ੪ । ੧ ।

ਰਾਮਕਲੀ ਮਹਲਾ ੧ ॥ ਸਰਬ ਜੋਤਿ ਤੇਰੀ ਪਸਰਿ ਰਹੀ ॥ ਜਹ ਜਹ ਦੇਖਾ ਤਹ ਨਰਹਰੀ ॥ ੧ ॥ ਜੀਵਨ ਤਲਬ ਨਿਵਾਰਿ ਸੁਆਮੀ ॥ ਅੰਧ ਕੂਪਿ ਮਾਇਆ ਮਨੁ ਗਾਡਿਆ ਕਿਉ ਕਰਿ ਉਤਰਉ ਪਾਰਿ ਸੁਆਮੀ ॥ ੧ ॥ ਰਹਾਉ ॥ ਜਹ ਭੀਤਰਿ ਘਟ ਭੀਤਰਿ ਬਸਿਆ ਬਾਹਰਿ ਕਾਹੇ ਨਾਹੀ ॥ ਤਿਨ ਕੀ ਸਾਰ ਕਰੇ ਨਿਤ ਸਾਹਿਬੁ ਸਦਾ ਚਿੰਤ ਮਨ ਮਾਹੀ ॥ ੨ ॥ ਆਪੇ ਨੇੜੈ ਆਪੇ ਦੂਰਿ ॥ ਆਪੇ ਸਰਬ ਰਹਿਆ ਭਰਪੂਰਿ ॥ ਸਤਗੁਰੁ ਮਿਲੈ ਅੰਧੇਰਾ ਜਾਇ ॥ ਜਹ ਦੇਖਾ ਤਹ ਰਹਿਆ ਸਮਾਇ ॥ ੩ ॥ ਅੰਤਰਿ ਸਹਸਾ ਬਾਹਰਿ ਮਾਇਆ ਨੈਣੀ ਲਾਗਸਿ ਬਾਣੀ ॥ ਪ੍ਰਣਵਤਿ ਨਾਨਕੁ ਦਾਸਨਿ ਦਾਸਾ ਪਰਤਾਪਹਿਗਾ ਪ੍ਰਾਣੀ ॥ ੪ ॥ ੨ ॥ [ਪੰਨਾ ੮੭੬]

ਪਦ ਅਰਥ:-ਸਰਬ-ਸਭ ਜੀਵਾਂ ਵਿਚ । ਪਸਰਿ ਰਹੀ-ਵਿਆਪਕ ਹੈ । ਦੇਖਾ-ਮੈਂ ਵੇਖਾਂ । ਜਹ ਜਹ- ਜਿੱਥੇ ਜਿੱਥੇ । ਨਰਹਰੀ-ਹੇ ਪਰਮਾਤਮਾ ! ੧ ।

ਤਲਬ-ਖ਼ਾਹਸ਼ਾਂ, ਵਧੀਆਂ ਲੋੜਾਂ । ਸੁਆਮੀ-ਹੇ ਮਾਲਿਕ-ਪ੍ਰਭੂ ! ਕੂਪਿ-ਖੂਹ ਵਿਚ! ਗਾਡਿਆ-ਫਸਿਆ ਹੋਇਆ, ਡਿੱਗਾ ਹੋਇਆ । ਕਿਉ ਕਰਿ-ਕਿਸ ਤਰੀਕੇ ਨਾਲ ? ਕਿਸੇ ਤਰ੍ਹਾਂ ਭੀ ਨਹੀਂ । ੧ । ਰਹਾਉ ।

ਘਟ-ਹਿਰਦਾ । ਭੀਤਰਿ-ਅੰਦਰ । ਕਾਹੇ ਨਾਹੀ-ਕਿਉਂ ਨਹੀਂ ? ਜ਼ਰੂਰ । ਸਾਰ -ਸੰਭਾਲ । ਚਿੰਤ-ਫ਼ਿਕਰ, ਧਿਆਨ । ਮਾਹੀ-ਵਿਚ । ੨ ।

ਅੰਧੇਰਾ-ਮਾਇਆ ਦੇ ਅੰਨ੍ਹੇ ਖੂਹ ਦਾ ਹਨੇਰਾ । ੩ ।

ਸਹਸਾ-ਸਹਿਮ । ਨੈਣੀ-ਅੱਖਾਂ ਵਿਚ । ਲਾਗਸਿ-ਜੋ ਲੱਗਦੀ ਰਹੀ । ਬਾਣੀ-ਸੁੰਦਰਤਾ ਦੀ ਖਿੱਚ । ਪ੍ਰਾਣੀ-ਹੇ ਜੀਵ ! ਪਰਤਾਪਹਿਗਾ-ਦੁਖੀ ਹੋਵੇਂਗਾ । ੪ ।

ਅਰਥ :-ਹੇ ਮਾਲਿਕ-ਪ੍ਰਭੂ ! ਮੇਰੀਆਂ ਜ਼ਿੰਦਗੀ ਦੀਆਂ ਵਧਦੀਆਂ ਖ਼ਾਹਸ਼ਾਂ ਦੂਰ ਕਰ । ਮੇਰਾ ਮਨ ਮਾਇਆ ਦੇ ਅੰਨ੍ਹੇ ਖੂਹ ਵਿਚ ਫਸਿਆ ਹੈ, (ਤੇਰੀ ਸਹਾਇਤਾ ਤੋਂ ਬਿਨਾ) ਮੈਂ ਇਸ ਵਿਚੋਂ ਕਿਸੇ ਤਰ੍ਹਾਂ ਭੀ ਪਾਰ ਨਹੀਂ ਲੰਘ ਸਕਦਾ । ੧ । ਰਹਾਉ ।

ਹੇ ਪਰਮਾਤਮਾ ! ਸਭ ਜੀਵਾਂ ਵਿਚ ਤੇਰੀ ਜੋਤਿ ਰੁਮਕ ਰਹੀ ਹੈ (ਪਰ ਮੈਨੂੰ ਨਹੀਂ

ਦਿੱਸਦੀ ਕਿਉਂਕਿ ਮੈਂ ਮਾਇਆ ਦੇ ਅੰਨ੍ਹੇ ਖੂਹ ਵਿਚ ਡਿੱਗ ਪਿਆ ਹਾਂ। ਮੇਹਰ ਕਰ, ਮੈਨੂੰ ਇਸ ਖੂਹ ਵਿਚੋਂ ਕੱਢ ਤਾ ਕਿ) ਜਿਧਰ ਜਿਧਰ ਮੈਂ ਵੇਖਾਂ ਉਧਰ ਉਧਰ (ਮੈਨੂੰ ਤੂੰ ਹੀ ਦਿੱਸੇ)'। ੧।

ਜਿੰਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਪਰਮਾਤਮਾ ਦੀ ਜੋਤਿ ਪਰਗਟ ਹੋ ਜਾਂਦੀ ਹੈ, ਉਹਨਾਂ ਨੂੰ ਬਾਹਰ ਭੀ (ਹਰ ਥਾਂ)ਜ਼ਰੂਰ ਉਹੀ ਦਿੱਸਦਾ ਹੈ(ਉਹਨਾਂ ਨੂੰ ਇਹ ਯਕੀਨ ਬਣ ਜਾਂਦਾ ਹੈ ਕਿ) ਮਾਲਿਕ-ਪ੍ਰਭੂ ਉਹਨਾਂ ਦੀ ਸਦਾ ਸੰਭਾਲ ਕਰਦਾ ਹੈ, ਉਸ ਦੇ ਮਨ ਵਿਚ ਸਦਾ (ਉਹਨਾਂ ਦੀ ਸੰਭਾਲ ਦਾ) ਫ਼ਿਕਰ ਹੈ। ੨।

ਪਰਮਾਤਮਾ ਆਪ ਹੀ ਸਭ ਜੀਵਾਂ ਦੇ ਨੇੜੇ ਵੱਸ ਰਿਹਾ ਹੈ ਆਪ ਹੀ (ਇਹਨਾਂ ਤੋਂ ਵੱਖ) ਦੂਰ ਭੀ ਹੈ। ਪ੍ਰਭੂ ਆਪ ਸਭ ਜੀਵਾਂ ਵਿਚ ਵਿਆਪਕ ਹੈ। ਜੇ ਮੈਨੂੰ ਗੁਰੂ ਮਿਲ ਪਏ ਤਾਂ ਮੇਰਾ ਮਾਇਆ ਦੇ ਅੰਨ੍ਹੇ ਖੂਹ ਵਾਲਾ ਹਨੇਰਾ ਦੂਰ ਹੋ ਜਾਏ। ਫਿਰ ਮੈਂ ਜਿਧਰ ਜਿਧਰ ਵੇਖਾਂ ਉਧਰ ਉਧਰ ਹੀ ਪਰਮਾਤਮਾ ਵਿਆਪਕ ਦਿੱਸ ਪਏ। ੩।

ਪ੍ਰਭੂ ਦੇ ਸੇਵਕਾਂ ਦਾ ਸੇਵਕ ਨਾਨਕ ਬੇਨਤੀ ਕਰਦਾ ਹੈ-ਹੇ ਜੀਵ! ਜਿਤਨਾ ਚਿਰ ਤੇਰੀਆਂ ਅੱਖਾਂ ਵਿਚ ਬਾਹਰਲੀ(ਦਿੱਸਦੀ)ਮਾਇਆ ਦੀ ਸੁੰਦਰਤਾ ਖਿੱਚ ਪਾ ਰਹੀ ਹੈ,ਤੇਰੇ ਅੰਦਰ ਸਹਜ ਬਣਿਆ ਰਹੇਗਾ ਤੇ ਤੂੰ ਸਦਾ ਦੁਖੀ ਰਹੇਂਗਾ। ੪। ੨।

ਰਾਮਕਲੀ ਮਹਲਾ ੧ ॥ ਜਿਤੁ ਦਰਿ ਵਸਹਿ ਕਵਨੁ ਦਰੁ ਕਹੀਐ ਦਰਾ ਭੀਤਰਿ ਦਰੁ ਕਵਨੁ ਲਹੈ ॥ ਜਿਸੁ ਦਰ ਕਾਰਣਿ ਫਿਰਾ ਉਦਾਸੀ ਸੋ ਦਰੁ ਕੋਈ ਆਇ ਕਹੈ ॥ ੧ ॥ਕਿਨ ਬਿਧਿ ਸਾਗਰੁ ਤਰੀਐ॥ ਜੀਵਤਿਆ ਨਹ ਮਰੀਐ ॥ ੧ ॥ ਰਹਾਉ ॥ ਦੁਖੁ ਦਰਵਾਜਾ ਰੋਹੁ ਰਖਵਾਲਾ ਆਸਾ ਅੰਦੇਸਾ ਦੁਇ ਪਟ ਜੜੇ॥ ਮਾਇਆ ਜਲੁ ਖਾਈ ਪਾਣੀ ਘਰੁ ਬਾਧਿਆ ਸਤ ਕੈ ਆਸਣਿ ਪੁਰਖੁ ਰਹੈ ॥ ੨ ॥ ਕਿੰਤੇ ਨਾਮਾ ਅੰਤੁ ਨ ਜਾਣਿਆ ਤੁਮ ਸਰਿ ਨਾਹੀ ਅਵਰੁ ਹਰੇ॥ ਊਚਾ ਨਹੀ ਕਹਣਾ ਮਨ ਮਹਿ ਰਹਣਾ ਆਪੇ ਜਾਣੈ ਆਪਿ ਕਰੇ ॥ ੩ ॥ ਜਬ ਆਸਾ ਅੰਦੇਸਾ ਤਬ ਹੀ ਕਿਉਕਰਿ ਏਕੁ ਕਹੈ ॥ ਆਸਾ ਭੀਤਰਿ ਰਹੈ ਨਿਰਾਸਾ ਤਉ ਨਾਨਕ ਏਕੁ ਮਿਲੈ ॥ ੪ ॥ ਇਨ ਬਿਧਿ ਸਾਗਰੁ ਤਰੀਐ ॥ ਜੀਵਤਿਆ ਇਉ ਮਰੀਐ॥ ੧॥ ਰਹਾਉ ਦੂਜਾ॥ ੩॥ [ਪੰਨਾ ੮੭੭]

ਪਦ ਅਰਥ :-ਜਿਤੁ-ਜਿਸ ਵਿਚ। ਦਰਿ-ਦਰ ਵਿਚ, ਥਾਂ ਵਿਚ। ਜਿਤੁ ਦਰਿ-ਜਿਸ ਦਰ ਵਿਚ, ਜਿਸ ਥਾਂ ਵਿਚ। ਵਸਹਿ-(ਹੇ ਪ੍ਰਭੂ !) ਤੂੰ ਵੱਸਦਾ ਹੈਂ। ਕਵਨੁ ਦਰਿ-ਕੇਹੜਾ ਥਾਂ ? ਦਰਾ ਭੀਤਰਿ ਦਰੁ-ਥਾਵਾਂ ਵਿਚ ਥਾਂ, ਗੁਪਤ ਥਾਂ। ਕਵਨੁ ਲਹੈ-ਕੌਣ ਲੱਭ

ਸਕਦਾ ਹੈ ? ਕੋਈ ਵਿਰਲਾ ਲੱਭਦਾ ਹੈ। ਫਿਰਾ—ਮੈਂ ਫਿਰਦਾ ਹਾਂ । ਆਇ—ਆ ਕੇ । ਕਹੈ—ਦੱਸੇ । ੧ ।

ਕਿਨ ਬਿਧਿ—ਕਿਨ੍ਹਾਂ ਤਰੀਕਿਆਂ ਨਾਲ ? ਨਹ ਮਰੀਐ—ਮਰਿਆ ਨਹੀਂ ਜਾ ਸਕਦਾ । ੧ । ਰਹਾਉ ।

ਰੋਹੁ—ਕ੍ਰੋਧ । ਰਖਵਾਲਾ—ਦਰਬਾਨ, ਰਾਖਾ । ਅੰਦੇਸਾ—ਫ਼ਿਕਰ, ਚਿੰਤਾ । ਪਟ—ਭਿੱਤ, ਤਖ਼ਤੇ । ਮਾਇਆ ਜਲੁ—ਮਾਇਆ ਦੀ ਆਬ, ਮਾਇਆ ਦੀ ਚਮਕ । ਪਾਣੀ—ਵਿਸ਼ੇ ਵਿਕਾਰਾਂ ਦੇ ਪਾਣੀ ਵਿਚ । ਸਤ—ਸ਼ਾਂਤੀ, ਸਹਿਜ ਅਵਸਥਾ । ਆਸਣਿ—ਆਸਣ ਉਤੇ । ਪੁਰਖੁ—ਵਿਆਪਕ ਪ੍ਰਭੂ । ੨ ।

ਕਿੰਤੇ—ਕਿਤਨੇ ਹੀ । ਸਰਿ—ਬਰਾਬਰ । ਹਰੇ—ਹੇ ਹਰੀ ! ਉਚਾ—ਉੱਚੀ ਬੋਲ ਕੇ । ਆਪੇ—ਪ੍ਰਭੂ ਆਪ ਹੀ । ੩ ।

ਅੰਦੇਸਾ—ਸਹਿਮ, ਚਿੰਤਾ । ਕਿਉ ਕਰਿ—ਕਿਵੇਂ ? ਨਿਰਾਸਾ—ਆਸਾਂ ਤੋਂ ਨਿਰਲੇਪ। ਤਉ—ਤਦੋਂ । ੪ ।

ਅਰਥ :—(ਸਾਡੇ ਤੇ ਪਰਮਾਤਮਾ ਦੇ ਵਿਚਕਾਰ ਸੰਸਾਰ-ਸਮੁੰਦਰ ਵਿੱਥ ਪਾ ਰਿਹਾ ਹੈ। ਜਦ ਤਕ ਸੰਸਾਰ-ਸਮੁੰਦਰ ਤੋਂ ਪਾਰ ਨ ਲੰਘੀਏ, ਤਦ ਤਕ ਉਸ ਨੂੰ ਮਿਲਿਆ ਨਹੀਂ ਜਾ ਸਕਦਾ) ਸੰਸਾਰ ਸਮੁੰਦਰ ਤੋਂ ਪਾਰ ਕਿਨ੍ਹਾਂ ਤਰੀਕਿਆਂ ਨਾਲ ਲੰਘੀਏ ? ਜੀਉਂਦਿਆਂ ਮਰਿਆ ਨਹੀਂ ਜਾ ਸਕਦਾ (ਤੇ, ਜਦ ਤਕ ਜੀਉਂਦੇ ਮਰੀਏ ਨਾਂਹ, ਤਦ ਤਕ ਸਮੁੰਦਰ ਤਰਿਆ ਨਹੀਂ ਜਾ ਸਕਦਾ) । ੧ । ਰਹਾਉ ।

(ਸੰਸਾਰ-ਸਮੁੰਦਰ ਤੋਂ ਪਾਰ, ਹੇ ਪ੍ਰਭੂ !) ਜਿਸ ਥਾਂ ਤੇ ਤੂੰ ਵੱਸਦਾ ਹੈਂ (ਸੰਸਾਰ-ਸਮੁੰਦਰ ਵਿਚ ਫਸੇ ਜੀਵਾਂ ਤੋਂ) ਉਹ ਥਾਂ ਬਿਆਨ ਨਹੀਂ ਹੋ ਸਕਦਾ, (ਮਾਇਆ-ਵੇੜ੍ਹੇ ਜੀਵਾਂ ਨੂੰ ਉਸ ਥਾਂ ਦੀ ਸਮਝ ਨਹੀਂ ਪੈ ਸਕਦੀ), ਕੋਈ ਵਿਰਲਾ ਹੀ ਜੀਵ ਉਸ ਗੁਪਤ ਥਾਂ ਨੂੰ ਲੱਭ ਸਕਦਾ ਹੈ। (ਜਿਥੇ ਪ੍ਰਭੂ ਵੱਸਦਾ ਹੈ) ਉਹ ਥਾਂ ਪ੍ਰਾਪਤ ਕਰਨ ਵਾਸਤੇ ਮੈਂ (ਚਿਰਾਂ ਤੋਂ) ਭਾਲ ਕਰਦਾ ਫਿਰਦਾ ਹਾਂ, (ਮੇਰਾ ਮਨ ਲੋਚਦਾ ਹੈ ਕਿ) ਕੋਈ (ਗੁਰਮੁਖਿ) ਆ ਕੇ ਮੈਨੂੰ ਉਹ ਥਾਂ ਦੱਸੇ । ੧ ।

ਸਰਬ-ਵਿਆਪਕ ਪ੍ਰਭੂ ਸਹਿਜ ਅਵਸਥਾ ਦੇ ਆਸਣ ਉਤੇ (ਮਨੁੱਖ ਦੇ ਹਿਰਦੇ ਵਿਚ ਇਕ ਐਸੇ ਘਰ ਵਿਚ) ਬੈਠਾ ਹੋਇਆ ਹੈ (ਜਿਸ ਦੇ ਬਾਹਰ) ਦੁੱਖ ਦਰਵਾਜ਼ਾ ਹੈ, ਕ੍ਰੋਧ ਰਾਖਾ ਹੈ, ਆਸਾ ਤੇ ਸਹਿਮ (ਉਸ ਦੁੱਖ-ਦਰਵਾਜ਼ੇ ਨੂੰ) ਦੋ ਭਿੱਤ ਲੱਗੇ ਹੋਏ ਹਨ । ਮਾਇਆ ਦੀ ਖਿੱਚ ਉਸ ਦੇ ਦੁਆਲੇ, ਮਾਨੋ, ਖਾਈ (ਪੁੱਟੀ ਹੋਈ) ਹੈ (ਜਿਸ ਵਿਚ ਵਿਸ਼ੇ ਵਿਕਾਰਾਂ ਦਾ ਪਾਣੀ ਭਰਿਆ ਹੋਇਆ ਹੈ, ਉਸ) ਪਾਣੀ ਵਿਚ (ਮਨੁੱਖ ਦਾ ਹਿਰਦਾ-) ਘਰ ਬਣਿਆ ਹੋਇਆ ਹੈ । ੨ ।

(ਇਕ ਪਾਸੇ ਜੀਵ ਮਾਇਆ ਵਿਚ ਘਿਰੇ ਪਏ ਹਨ, ਦੂਜੇ ਪਾਸੇ, ਹੇ ਪ੍ਰਭੂ! ਭਾਵੇਂ) ਤੇਰੇ ਕਈ ਨਾਮ ਹਨ, ਪਰ ਕਿਸੇ ਨਾਮ ਦੀ ਰਾਹੀਂ ਤੇਰੇ ਸਾਰੇ ਗੁਣਾਂ ਦਾ ਅੰਤ ਨਹੀਂ ਲੱਭ ਸਕਦਾ। ਹੇ ਹਰੀ! ਤੇਰੇ ਬਰਾਬਰ ਦਾ ਹੋਰ ਕੋਈ ਨਹੀਂ ਹੈ।(ਮਨ ਦੇ ਅਜੇਹੇ ਭਾਵ) ਉੱਚੀ ਬੋਲ ਕੇ ਦੱਸਣ ਦੀ ਭੀ ਲੋੜ ਨਹੀਂ ਹੈ,ਅੰਤਰ ਆਤਮੇ ਹੀ ਟਿਕੇ ਰਹਿਣਾ ਚਾਹੀਦਾ ਹੈ। ਸਰਬ-ਵਿਆਪਕ ਪ੍ਰਭੂ ਸਭ ਦੇ ਦਿਲਾਂ ਦੀ ਆਪ ਹੀ ਜਾਣਦਾ ਹੈ, (ਸਭ ਦੇ ਅੰਦਰ ਪ੍ਰੇਰਕ ਹੋ ਕੇ) ਆਪ ਹੀ (ਸਭ ਕੁਝ) ਕਰ ਰਿਹਾ ਹੈ। ੩।

ਜਦ ਤਕ (ਜੀਵ ਦੇ ਮਨ ਵਿਚ ਮਾਇਆ ਦੀਆਂ) ਆਸਾਂ ਹਨ, ਤਦ ਤਕ ਸਹਿਮ-ਫ਼ਿਕਰ ਹਨ (ਸਹਮਾਂ ਫ਼ਿਕਰਾਂ ਵਿਚ ਰਹਿ ਕੇ) ਕਿਸੇ ਤਰ੍ਹਾਂ ਭੀ ਜੀਵ ਇੱਕ ਪਰਮਾਤਮਾ ਨੂੰ ਸਿਮਰ ਨਹੀਂ ਸਕਦਾ। ਪਰ ਹੇ ਨਾਨਕ ! ਜਦੋਂ ਮਨੁੱਖ ਆਸਾ ਵਿਚ ਰਹਿੰਦਾ ਹੋਇਆ ਹੀ ਆਸਾਂ ਤੋਂ ਨਿਰਲੇਪ ਹੋ ਜਾਂਦਾ ਹੈ ਤਦੋਂ (ਇਸ ਨੂੰ) ਪਰਮਾਤਮਾ ਮਿਲ ਪੈਂਦਾ ਹੈ। ੪।

(ਮਾਇਆ ਵਿਚ ਰਹਿੰਦੇ ਹੋਏ ਹੀ ਮਾਇਆ ਤੋਂ ਨਿਰਲੇਪ ਰਹਿਣਾ ਹੈ, ਬੱਸ !) ਇਹਨਾਂ ਤਰੀਕਿਆਂ ਨਾਲ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਈਦਾ ਹੈ, ਤੇ ਇਸੇ ਤਰ੍ਹਾਂ ਹੀ ਜੀਵੰਦਿਆਂ ਮਰੀਦਾ ਹੈ। ੧। ਰਹਾਉ ਦੂਜਾ। ੩।

ਰਾਮਕਲੀ ਮਹਲਾ ੧ ॥ ਸੁਰਤਿ ਸਬਦੁ, ਸਾਖੀ ਮੇਰੀ ਸਿੰਙੀ ਬਾਜੈ ਲੋਕੁ ਸੁਣੇ ॥ ਪਤੁ ਝੋਲੀ ਮੰਗਣ ਕੈ ਤਾਈ ਭੀਖਿਆ ਨਾਮੁ ਪੜੇ ॥ ੧ ॥ ਬਾਬਾ ਗੋਰਖੁ ਜਾਗੈ ॥ ਗੋਰਖੁ ਸੋ ਜਿਨਿ ਗੋਇ ਉਠਾਲੀ ਕਰਤੇ ਬਾਰ ਨ ਲਾਗੈ ॥ ੧ ॥ ਰਹਾਉ ॥ ਪਾਣੀ ਪ੍ਰਾਣ ਪਵਣਿ ਬੰਧਿ ਰਾਖੇ ਚੰਦੁ ਸੂਰਜੁ ਮੁਖਿ ਦੀਏ ॥ ਮਰਣ ਜੀਵਣ ਕਉ ਧਰਤੀ ਦੀਨੀ ਏਤੇ ਗੁਣ ਵਿਸਰੇ ॥੨॥ ਸਿਧ ਸਾਧਿਕ ਅਰੁ ਜੋਗੀ ਜੰਗਮ ਪੀਰ ਪੁਰਸ ਬਹੁਤੇਰੇ ॥ ਜੇ ਤਿਨ ਮਿਲਾ ਤ ਕੀਰਤਿ ਆਖਾ ਤਾ ਮਨੁ ਸੇਵ ਕਰੇ ॥੩॥ ਕਾਗਦੁ ਲੂਣੁ ਰਹੈ ਘ੍ਰਿਤ ਸੰਗੇ ਪਾਣੀ ਕਮਲੁ ਰਹੈ ॥ ਐਸੇ ਭਗਤ ਮਿਲਹਿ ਜਨ ਨਾਨਕ ਤਿਨ ਜਮੁ ਕਿਆ ਕਰੈ ॥੪॥੪॥[ਪੰਨਾ ੯੭੭]

ਪਦ ਅਰਥ :–ਨੋਟ : ਜੋਗੀ ਗ੍ਰਿਹਸਤੀ ਦੇ ਦਰ ਤੇ ਜਾ ਕੇ ਸਦਾਅ ਕਰਦਾ ਹੈ, ਫਿਰ ਸਿੰਙੀ ਵਜਾਂਦਾ ਹੈ ਤੇ ਝੋਲੀ ਵਿਚ ਭਿੱਛਿਆ ਪਵਾ ਲੈਂਦਾ ਹੈ।

ਸੁਰਤਿ–ਪ੍ਰਭੂ-ਚਰਨਾਂ ਵਿਚ ਧਿਆਨ। **ਸਬਦੁ**–ਸੱਦ, ਸਦਾਅ, ਜੋਗੀ ਵਾਲੀ ਸਦਾਅ। **ਸਾਖੀ**–ਸਾਖੀ ਹੋਣਾ, ਪਰਮਾਤਮਾ ਦਾ ਸਾਖਿਆਤ ਦਰਸ਼ਨ ਕਰਨਾ। **ਸਿੰਙੀ**–ਸਿੰਙ ਦਾ ਵਾਜਾ ਜੋ ਜੋਗੀ ਵਜਾਂਦਾ ਹੈ। **ਲੋਕੁ ਸੁਣੇ**–(ਜੋ ਪ੍ਰਭੂ) ਸਾਰੇ ਜਗਤ ਨੂੰ ਸੁਣਦਾ

ਹੈ, ਜੋ ਪ੍ਰਭੂ ਸਾਰੇ ਜਗਤ ਦੀ ਸਦਾਅ ਸੁਣਦਾ ਹੈ। ਪਤੁ-ਪਾਤ੍ਰ, ਆਪਣੇ ਆਪ ਨੂੰ ਯੋਗ ਪਾਤ੍ਰ ਬਣਾਨਾ। ਕੈ ਤਾਈ-ਵਾਸਤੇ। ਭੀਖਿਆ-ਭਿੱਛਿਆ। ੧।

ਬਾਬਾ-ਹੇ ਜੋਗੀ! ਜਿਨਿ-ਜਿਸ (ਗੋਰਖ) ਨੇ। ਗੋਇ-ਸ੍ਰਿਸ਼ਟੀ, ਧਰਤੀ। ਉਠਾਲੀ-ਪੈਦਾ ਕੀਤੀ ਹੈ। ਕਰਤੇ-ਪੈਦਾ ਕਰਦੇ ਨੂੰ। ਬਾਰ-ਦੇਰ, ਚਿਰ। ੧। ਰਹਾਉ।

ਪਾਨੀ ਪਵਨਿ-ਪਾਨੀ ਤੇ ਪਵਣ (ਆਦਿਕ ਤੱਤਾਂ ਦੇ ਸਮੁਦਾਇ) ਵਿਚ। ਬੰਧਿ-ਬੰਨ੍ਹ ਕੇ। ਪ੍ਰਾਣ-ਜਿੰਦਾਂ। ਮੁਖਿ-ਮੁਖੀ। ਦੀਏ-ਦੀਵੇ। ਮਰਣ ਜੀਵਣ ਕਉ-ਵੱਸਣ ਲਈ। ਏਤੇ-ਇਤਨੇ, ਇਹ ਸਾਰੇ। ੨।

ਸਿਧ-(ਜੋਗ-ਸਾਧਨਾਂ ਵਿਚ) ਪੁੱਗੇ ਹੋਏ ਜੋਗੀ। ਸਾਧਿਕ-ਸਾਧਨ ਕਰਨ ਵਾਲੇ। ਜੰਗਮ-ਸ਼ੈਵਮਤ ਦੇ ਜੋਗੀ ਜੋ ਸਿਰ ਉਤੇ ਸੱਪ ਦੀ ਸ਼ਕਲ ਦੀ ਰੱਸੀ ਅਤੇ ਧਾਤ ਦਾ ਚੰਦ੍ਰਮਾ ਪਹਿਨਦੇ ਹਨ ਤੇ ਕੰਨਾਂ ਵਿਚ ਮੁੰਦ੍ਰਾਂ ਦੀ ਥਾਂ ਪਿੱਤਲ ਦੇ ਫੁੱਲ ਮੋਰ ਦੇ ਖੰਭਾਂ ਨਾਲ ਸਜਾ ਕੇ ਪਾਂਦੇ ਹਨ। ਬਹੁਤੇਰੇ-ਅਨੇਕਾਂ। ਤਿਨ-ਉਹਨਾਂ ਨੂੰ। ਮਿਲਾ-ਮੈਂ ਮਿਲਾਂ। ਕੀਰਤਿ-ਸਿਫ਼ਤਿ ਸਾਲਾਹ। ਆਖਾ-ਮੈਂ ਆਖਾਂ। ੩।

ਰਹੈ-ਟਿਕਿਆ ਰਹਿੰਦਾ ਹੈ, ਗਲਦਾ ਨਹੀਂ। ਘ੍ਰਿਤ-ਘਿਉ। ਸੰਗੇ-ਨਾਲ। ਐਸੇ-ਇਸ ਤਰ੍ਹਾਂ। ਕਿਆ ਕਰੈ-ਕੁਝ ਵਿਗਾੜ ਨਹੀਂ ਸਕਦਾ। ੪।

ਅਰਥ :-ਹੇ ਜੋਗੀ! (ਮੈਂ ਭੀ ਗੋਰਖ ਦਾ ਚੇਲਾ ਹਾਂ, ਪਰ ਮੇਰਾ) ਗੋਰਖ (ਸਦਾ ਜੀਊਂਦਾ) ਜਾਗਦਾ ਹੈ। (ਮੇਰਾ) ਗੋਰਖ ਉਹ ਹੈ ਜਿਸ ਨੇ ਸ੍ਰਿਸ਼ਟੀ ਪੈਦਾ ਕੀਤੀ ਹੈ, ਤੇ ਪੈਦਾ ਕਰਦਿਆਂ ਚਿਰ ਨਹੀਂ ਲੱਗਦਾ। ੧। ਰਹਾਉ।

(ਜੋ ਪ੍ਰਭੂ ਸਾਰੇ) ਜਗਤ ਨੂੰ ਸੁਣਦਾ ਹੈ (ਭਾਵ, ਸਾਰੇ ਜਗਤ ਦੀ ਸਦਾਅ ਸੁਣਦਾ ਹੈ) ਉਸ ਦੇ ਚਰਨਾਂ ਵਿਚ ਸੁਰਤਿ ਜੋੜਨੀ ਮੇਰੀ ਸਦਾਅ ਹੈ, ਉਸ ਨੂੰ ਆਪਣੇ ਅੰਦਰ ਸਾਖਿਆਤ ਵੇਖਣਾ (ਉਸ ਦੇ ਦਰ ਤੇ) ਮੇਰੀ ਸਿੰਙੀ ਵੱਜ ਰਹੀ ਹੈ। (ਉਸ ਦਰ ਤੋਂ ਭਿੱਛਿਆ) ਮੰਗਣ ਲਈ ਆਪਣੇ ਆਪ ਨੂੰ ਯੋਗ ਪਾਤ੍ਰ ਬਣਾਨਾ ਮੈਂ (ਮੋਢੇ ਉਤੇ) ਝੋਲੀ ਪਾਈ ਹੋਈ ਹੈ, ਤਾ ਕਿ ਮੈਨੂੰ ਨਾਮ-ਭਿੱਛਿਆ ਮਿਲ ਜਾਏ। ੧।

(ਜਿਸ ਪਰਮਾਤਮਾ ਨੇ) ਪਾਣੀ ਪਉਣ (ਆਦਿਕ ਤੱਤਾਂ) ਵਿਚ (ਜੀਵਾਂ ਦੇ) ਪ੍ਰਾਣ ਟਿਕਾ ਕੇ ਰੱਖ ਦਿੱਤੇ ਹਨ, ਸੂਰਜ ਤੇ ਚੰਦ੍ਰਮਾ ਮੁਖੀ ਦੀਵੇ ਬਣਾਏ ਹਨ, ਵੱਸਣ ਵਾਸਤੇ (ਜੀਵਾਂ ਨੂੰ) ਧਰਤੀ ਦਿੱਤੀ ਹੈ (ਜੀਵਾਂ ਨੇ ਉਸ ਨੂੰ ਭੁਲਾ ਕੇ ਉਸ ਦੇ) ਇਤਨੇ ਉਪਕਾਰ ਵਿਸਾਰ ਦਿੱਤੇ ਹਨ। ੨।

ਜਗਤ ਵਿਚ ਅਨੇਕਾਂ ਜੰਗਮ ਜੋਗੀ ਪੀਰ ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ ਅਤੇ ਹੋਰ ਸਾਧਨ ਕਰਨ ਵਾਲੇ ਵੇਖਣ ਵਿਚ ਆਉਂਦੇ ਹਨ, ਪਰ ਮੈਂ ਤਾਂ ਜੇ ਉਹਨਾਂ ਨੂੰ ਮਿਲਾਂਗਾ ਤਾਂ (ਉਹਨਾਂ ਨਾਲ ਮਿਲ ਕੇ) ਪਰਮਾਤਮਾ ਦੀ ਸਿਫ਼ਤਿ ਸਾਲਾਹ ਹੀ ਕਰਾਂਗਾ

(ਮੇਰਾ ਜੀਵਨ-ਨਿਸ਼ਾਨਾ ਇਹੀ ਹੈ) ਮੇਰਾ ਮਨ ਪ੍ਰਭੂ ਦਾ ਸਿਮਰਨ ਹੀ ਕਰੇਗਾ । ੩ ।

ਜਿਵੇਂ ਲੂਣ ਘਿਉ ਵਿਚ ਪਿਆ ਗਲਦਾ ਨਹੀਂ, ਜਿਵੇਂ ਕਾਗਜ਼ ਘਿਉ ਵਿਚ ਰੱਖਿਆ ਗਲਦਾ ਨਹੀਂ, ਜਿਵੇਂ ਕੌਲ ਫੁੱਲ ਪਾਣੀ ਵਿਚ ਰਿਹਾਂ ਕੁਮਲਾਂਦਾ ਨਹੀਂ, ਇਸੇ ਤਰ੍ਹਾਂ, ਹੇ ਦਾਸ ਨਾਨਕ ! ਭਗਤ ਜਨ ਪਰਮਾਤਮਾ ਦੇ ਚਰਨਾਂ ਵਿਚ ਮਿਲੇ ਰਹਿੰਦੇ ਹਨ, ਜਮ ਉਹਨਾਂ ਦਾ ਕੁਝ ਵਿਗਾੜ ਨਹੀਂ ਸਕਦਾ । ੪ । ੪ ।

ਰਾਮਕਲੀ ਮਹਲਾ ੧ ॥ ਸੁਣਿ ਮਾਛਿੰਦ੍ਰਾ ਨਾਨਕੁ ਬੋਲੈ ॥ ਵਸਗਤਿ ਪੰਚ ਕਰੇ ਨਹ ਡੋਲੈ ॥ ਐਸੀ ਜੁਗਤਿ ਜੋਗ ਕਉ ਪਾਲੇ ॥ ਆਪਿ ਤਰੈ ਸਗਲੇ ਕੁਲ ਤਾਰੇ ॥ ੧ ॥ ਸੋ ਅਉਧੂਤੁ ਐਸੀ ਮਤਿ ਪਾਵੈ ॥ ਅਹਿਨਿਸਿ ਸੁੰਨਿ ਸਮਾਧਿ ਸਮਾਵੈ ॥ ੧ ॥ ਰਹਾਉ ॥ ਭਿਖਿਆ ਭਾਇ ਭਗਤਿ ਭੈ ਚਲੈ ॥ ਹੋਵੈ ਸੁ ਤ੍ਰਿਪਤਿ ਸੰਤੋਖਿ ਅਮੁਲੈ ॥ ਧਿਆਨ ਰੂਪਿ ਹੋਇ ਆਸਣੁ ਪਾਵੈ ॥ ਸਚਿ ਨਾਮਿ ਤਾੜੀ ਚਿਤੁ ਲਾਵੈ ॥ ੨ ॥ ਨਾਨਕੁ ਬੋਲੈ ਅੰਮ੍ਰਿਤ ਬਾਣੀ ॥ ਸੁਣਿ ਮਾਛਿੰਦ੍ਰਾ ਅਉਧੂ ਨੀਸਾਣੀ ॥ ਆਸਾ ਮਾਹਿ ਨਿਰਾਸੁ ਵਲਾਏ ॥ ਨਿਹਚਲੁ ਨਾਨਕ ਕਰਤੇ ਪਾਏ ॥ ੩ ॥ ਪ੍ਰਣਵਤਿ ਨਾਨਕੁ ਅਗਮੁ ਸੁਣਾਏ ॥ ਗੁਰ ਚੇਲੇ ਕੀ ਸੰਧਿ ਮਿਲਾਏ ॥ ਦੀਖਿਆ ਦਾਰੂ ਭੋਜਨੁ ਖਾਇ ॥ ਛਿਅ ਦਰਸਨ ਕੀ ਸੋਝੀ ਪਾਇ ॥ ੪ ॥ ੫ ॥ [ਪੰਨਾ ੯੩੭]

ਪਦ ਅਰਥ :—ਮਾਛਿੰਦ੍ਰਾ—ਹੇ ਮਾਛਿੰਦ੍ਰ ਜੋਗੀ ! ਵਸਗਤਿ—ਵੱਸ ਵਿਚ । ਪੰਚ—ਕਾਮਾਦਿਕ ਪੰਜ ਵਿਕਾਰ । ਜੋਗ ਕਉ ਪਾਲੇ—ਜੋਗ ਦਾ ਸਾਧਨ ਕਰੇ, ਜੋਗ ਨੂੰ ਸੰਭਾਲੇ । ੧ ।

ਅਉਧੂਤੁ—ਵਿਰਕਤ ਸਾਧੂ, ਜਿਸ ਨੇ ਮਾਇਆ ਦੇ ਪ੍ਰਭਾਵ ਨੂੰ ਪਰੇ ਹਟਾ ਦਿੱਤਾ ਹੈ [ਧੂ—ਹਿਲਾਣਾ । ਅਵ-ਧੂ—ਹਿਲਾ ਕੇ ਪਰੇ ਸੁੱਟ ਦੇਣਾ] । ਅਹਿ—ਦਿਨ । ਨਿਸਿ—ਰਾਤ । ਸੁੰਨਿ—ਸੁੰਨ ਵਿਚ, ਸੁੰਵ ਵਿਚ । ਸੁੰਨ—ਉਹ ਅਵਸਥਾ ਜਿਥੇ ਮਾਇਆ ਵਲੋਂ ਸੁੰਵ ਹੋਵੇ, ਜਿਥੇ ਮਾਇਆ ਦੇ ਫੁਰਨੇ ਨਾਂਹ ਉੱਠਣ । ੧ । ਰਹਾਉ ।

ਭਿਖਿਆ—ਭਿੱਛਿਆ । ਭਾਇ—ਪ੍ਰੇਮ ਵਿਚ । ਭਾਉ—ਪ੍ਰੇਮ । ਭੈ—ਪਰਮਾਤਮਾ ਦੇ ਡਰ-ਅਦਬ ਵਿਚ । ਚਲੈ—ਤੁਰੇ, ਜੀਵਨ ਗੁਜ਼ਾਰੇ । ਸੰਤੋਖਿ—ਸੰਤੋਖ ਨਾਲ । ਸੰਤੋਖਿ ਅਮੁਲੈ—ਅਮੋਲਕ ਸੰਤੋਖ ਨਾਲ । ਰੂਪਿ—ਰੂਪ ਵਾਲਾ । ਧਿਆਨ ਰੂਪਿ ਹੋਇ—ਪ੍ਰਭੂ ਦੇ ਧਿਆਨ ਵਿਚ ਇਕ-ਮਿਕ ਹੋ ਕੇ । ਆਸਣੁ ਪਾਵੈ—ਆਸਣ ਵਿਛਾਇ । ਸਚਿ—ਸਦਾ ਥਿਰ ਰਹਿਣ ਵਾਲੇ ਪ੍ਰਭੂ ਵਿਚ । ਨਾਮਿ—ਨਾਮ ਵਿਚ । ੨ ।

ਅੰਮ੍ਰਿਤ ਬਾਣੀ—ਅਮਰ ਕਰਨ ਵਾਲੀ ਬਾਣੀ, ਆਤਮਕ ਜੀਵਨ ਦੇਣ ਵਾਲੀ

ਬਾਣੀ। ਅਉਧੂ ਨੀਸਾਣੀ–ਵਿਰਕਤ ਸਾਧ ਦੇ ਲੱਛਣ। ਨਿਹਾਸੁ–ਮਾਇਆ ਦੀਆਂ ਆਸਾਂ ਵਲੋਂ ਉਪਰਾਮ। ਵਲਾਏ–ਜੀਵਨ-ਸਮਾ ਲੰਘਾਏ। ਨਿਹਚਉ–ਯਕੀਨਨ, ਇਹ ਗੱਲ ਪੱਕੀ ਸਮਝੋ।੩।

ਅਗਮੁ–ਉਹ ਪ੍ਰਭੂ ਜਿਸ ਤਕ ਮਨੁੱਖ ਦੀ ਅਕਲ ਦੀ ਪਹੁੰਚ ਨ ਹੋ ਸਕੇ। ਸੰਧਿ–ਮਿਲਾਪ। ਦੀਖਿਆ–ਸਿੱਖਿਆ। ਦਰਸਨ–ਭੇਖ। ਸੋਝੀ ਪਾਇ–ਅਸਲੀਅਤ ਸਮਝ ਲੈਂਦਾ ਹੈ।੪।

ਅਰਥ :–(ਹੇ ਮਾਛਿੰਦ੍ਰ! ਅਸਲ) ਵਿਰਕਤ ਉਹ ਹੈ ਜਿਸ ਨੂੰ ਅਜੇਹੀ ਸਮਝ ਆ ਜਾਂਦੀ ਹੈ ਕਿ ਉਹ ਦਿਨ ਰਾਤ ਐਸੇ ਆਤਮਕ ਟਿਕਾਉ ਵਿਚ ਟਿਕਿਆ ਰਹਿੰਦਾ ਹੈ ਜਿਥੇ ਮਾਇਆ ਦੇ ਫੁਰਨਿਆਂ ਵਲੋਂ ਸੁੰਞ ਹੀ ਸੁੰਞ ਹੁੰਦੀ ਹੈ।੧।ਰਹਾਉ।

ਨਾਨਕ ਆਖਦਾ ਹੈ–ਹੇ ਮਾਛਿੰਦ੍ਰ! ਸੁਣ। (ਅਸਲ ਵਿਰਕਤ ਕਾਮਾਦਿਕ) ਪੰਜੇ ਵਿਕਾਰਾਂ ਨੂੰ ਆਪਣੇ ਵੱਸ ਵਿਚ ਕਰੀ ਰੱਖਦਾ ਹੈ (ਇਹਨਾਂ ਦੇ ਸਾਹਮਣੇ) ਉਹ ਕਦੇ ਡੋਲਦਾ ਨਹੀਂ। ਉਹ ਵਿਰਕਤ ਇਸ ਤਰ੍ਹਾਂ ਦੀ ਜੀਵਨ-ਜੁਗਤਿ ਨੂੰ ਸੰਭਾਲ ਰੱਖਦਾ ਹੈ, ਇਹੀ ਹੈ ਉਸ ਦਾ ਜੋਗ-ਸਾਧਨ। (ਇਸ ਜੁਗਤਿ ਨਾਲ ਉਹ) ਆਪ (ਸੰਸਾਰ-ਸਮੁੰਦਰ ਦੇ ਵਿਕਾਰਾਂ ਵਿਚੋਂ) ਪਾਰ ਲੰਘ ਜਾਂਦਾ ਹੈ, ਤੇ ਆਪਣੀਆਂ ਸਾਰੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ।੧।

(ਹੇ ਮਾਛਿੰਦ੍ਰ! ਅਸਲ ਵਿਰਕਤ) ਪਰਮਾਤਮਾ ਦੇ ਪਿਆਰ ਵਿਚ ਭਗਤੀ ਵਿਚ ਅਤੇ ਡਰ-ਅਦਬ ਵਿਚ ਜੀਵਨ ਬਿਤੀਤ ਕਰਦਾ ਹੈ, ਇਹ ਹੈ ਉਸ ਦੀ (ਆਤਮਕ) ਭਿੱਛਿਆ (ਜੋ ਉਹ ਪ੍ਰਭੂ ਦੇ ਦਰ ਤੋਂ ਹਾਸਲ ਕਰਦਾ ਹੈ। ਇਸ ਭਿੱਛਿਆ ਨਾਲ ਉਸ ਦੇ ਅੰਦਰ ਸੰਤੋਖ ਪੈਦਾ ਹੁੰਦਾ ਹੈ, ਤੇ) ਉਸ ਅਮੋਲਕ ਸੰਤੋਖ ਨਾਲ ਉਹ ਰੱਜਿਆ ਰਹਿੰਦਾ ਹੈ (ਭਾਵ, ਉਸ ਨੂੰ ਮਾਇਆ ਦੀ ਭੁੱਖ ਨਹੀਂ ਵਿਆਪਦੀ)। (ਪ੍ਰਭੂ ਦੇ ਪ੍ਰੇਮ ਤੇ ਭਗਤੀ ਦੀ ਬਰਕਤਿ ਨਾਲ ਉਹ ਵਿਰਕਤ) ਪ੍ਰਭੂ ਨਾਲ ਇੱਕ-ਰੂਪ ਹੋ ਜਾਂਦਾ ਹੈ, ਇਸ ਲਿਵ-ਲੀਨਤਾ ਦਾ ਉਹ (ਆਪਣੇ ਆਤਮਾ ਵਾਸਤੇ) ਆਸਣ ਵਿਛਾਂਦਾ ਹੈ। ਸਦਾ ਥਿਰ ਰਹਿਣ ਵਾਲੇ ਪ੍ਰਭੂ ਵਿਚ, ਪਰਮਾਤਮਾ ਦੇ ਨਾਮ ਵਿਚ ਉਹ ਆਪਣਾ ਚਿੱਤ ਜੋੜਦਾ ਹੈ, ਇਹ (ਉਸ ਵਿਰਕਤ ਦੀ) ਤਾੜੀ ਹੈ।੨।

ਨਾਨਕ ਆਖਦਾ ਹੈ–ਹੇ ਮਾਛਿੰਦ੍ਰ! ਸੁਣ। ਵਿਰਕਤ ਦੇ ਲੱਛਣ ਇਹ ਹਨ ਕਿ ਉਸ ਆਤਮਕ ਜੀਵਨ ਦੇਣ ਵਾਲੀ ਸਿਫਤਿ ਸਾਲਾਹ ਦੀ ਬਾਣੀ ਦੀ ਸਹੈਤਾ ਨਾਲ ਦੁਨੀਆ ਦੀਆਂ ਆਸਾਂ ਵਿਚ ਰਹਿੰਦਾ ਹੋਇਆ ਭੀ ਆਸਾਂ ਤੋਂ ਨਿਰਲੇਪ ਜੀਵਨ ਗੁਜ਼ਾਰਦਾ ਹੈ, ਤੇ ਇਸ ਤਰ੍ਹਾਂ ਹੇ ਨਾਨਕ। ਉਹ ਯਕੀਨੀ ਤੌਰ ਤੇ ਪਰਮਾਤਮਾ ਨੂੰ ਪ੍ਰਾਪਤ ਕਰ ਲੈਂਦਾ ਹੈ।੩।

ਨਾਨਕ ਬੇਨਤੀ ਕਰਦਾ ਹੈ-(ਹੇ ਮਾਛਿੰਦ੍ਰ ! ਅਸਲ ਵਿਰਕਤ) ਅਪਹੁੰਚ ਪ੍ਰਭੂ ਦੀ ਸਿਫ਼ਤਿ ਸਾਲਾਹ ਆਪ ਸੁਣਦਾ ਹੈ ਤੇ ਹੋਰਨਾਂ ਨੂੰ) ਸੁਣਾਂਦਾ ਹੈ। (ਗੁਰੂ ਦੀ ਸਿੱਖਿਆ ਉਤੇ ਤੁਰ ਕੇ ਅਸਲ ਵਿਰਕਤ) ਗੁਰੂ ਵਿਚ ਆਪਣਾ ਆਪ ਮਿਲਾ ਦੇਂਦਾ ਹੈ। ਗੁਰੂ ਦੀ ਸਿੱਖਿਆ ਦੀ ਆਤਮਕ ਖ਼ੁਰਾਕ ਖਾਂਦਾ ਹੈ, ਗੁਰੂ ਦੀ ਸਿੱਖਿਆ ਦੀ ਦਵਾਈ ਖਾਂਦਾ ਹੈ (ਜੋ ਉਸ ਦੇ ਆਤਮਕ ਰੋਗਾਂ ਦਾ ਇਲਾਜ ਕਰਦੀ ਹੈ)। ਇਸ ਤਰ੍ਹਾਂ ਉਸ ਵਿਰਕਤ ਨੂੰ ਛੇ ਹੀ ਭੇਖਾਂ ਦੀ ਅਸਲੀਅਤ ਦੀ ਸਮਝ ਆ ਜਾਂਦੀ ਹੈ (ਭਾਵ, ਉਸ ਨੂੰ ਛੇ ਹੀ ਭੇਖਾਂ ਦੀ ਲੋੜ ਨਹੀਂ ਰਹਿ ਜਾਂਦੀ। ੪। ੫।

ਰਾਮਕਲੀ ਮਹਲਾ ੧ ॥ ਹਮ ਡੋਲਤ ਬੇੜੀ ਪਾਪ ਭਰੀ ਹੈ ਪਵਣੁ ਲਗੈ ਮਤੁ ਜਾਈ ॥ ਸਨਮੁਖ ਸਿਧ ਭੇਟਣ ਕਉ ਆਏ ਨਿਹਚਉ ਦੇਹਿ ਵਡਿਆਈ ॥ ੧ ॥ ਗੁਰ ਤਾਰਿ ਤਾਰਣਹਾਰਿਆ ॥ ਦੇਹਿ ਭਗਤਿ ਪੂਰਨ ਅਵਿਨਾਸੀ ਹਉ ਤੁਝ ਕਉ ਬਲਿਹਾਰਿਆ ॥ ੧ ॥ ਰਹਾਉ ॥ ਸਿਧ ਸਾਧਿਕ ਜੋਗੀ ਅਰੁ ਜੰਗਮ ਏਕੁ ਸਿਧੁ ਜਿਨਿ ਧਿਆਇਆ ॥ ਪਰਸਤ ਪੈਰ ਸਿਝਤ ਤੇ ਸੁਆਮੀ ਅਖਰੁ ਜਿਨ ਕਉ ਆਇਆ ॥ ੨ ॥ ਜਪ ਤਪ ਸੰਜਮ ਕਰਮ ਨ ਜਾਨਾ ਨਾਮੁ ਜਪੀ ਪ੍ਰਭ ਤੇਰਾ ॥ ਗੁਰੁ ਪਰਮੇਸਰੁ ਨਾਨਕ ਭੇਟਿਓ ਸਾਚੈ ਸਬਦਿ ਨਿਬੇਰਾ ॥ ੩ ॥ ੬ ॥ [ਪੰਨਾ ੮੭੮]

ਪਦ ਅਰਥ :-ਹਮ-ਅਸੀ, ਮੈਂ। ਡੋਲਤ-ਡੋਲ ਰਿਹਾ ਹਾਂ, ਡਰ ਰਿਹਾ ਹਾਂ। ਬੇੜੀ-ਜ਼ਿੰਦਗੀ ਦੀ ਬੇੜੀ। ਪਵਣੁ-ਹਵਾ(ਦਾ ਬੁੱਲਾ), ਮਾਇਆ ਦਾ ਝੱਖੜ। ਮਤੁ ਜਾਈ -ਕਿਤੇ ਡੁੱਬ ਨ ਜਾਏ। ਸਨਮੁਖ ਆਏ-(ਹੇ ਗੁਰੂ !) ਤੇਰੇ ਸਾਹਮਣੇ ਆਇਆ ਹਾਂ, ਤੇਰੇ ਦਰ ਤੇ ਆਇਆ ਹਾਂ। ਸਿਧ ਭੇਟਣ ਕਉ-ਪਰਮਾਤਮਾ ਨੂੰ ਮਿਲਣ ਵਾਸਤੇ। ਨਿਹਚਉ-ਜ਼ਰੂਰ। ਦੇਹਿ ਵਡਿਆਈ-ਸਿਫ਼ਤਿ ਸਾਲਾਹ (ਦੀ ਦਾਤਿ) ਦੇਹ। ੧।

ਗੁਰ-ਹੇ ਗੁਰੂ! ਪੂਰਨ-ਸਰਬ ਵਿਆਪਕ।ਹਉ-ਮੈਂ। ਬਲਿਹਾਰਿਆ-ਕੁਰਬਾਨ। ੧। ਰਹਾਉ।

ਅਰੁ-ਅਤੇ। ਏਕੁ ਸਿਧੁ-ਇੱਕ ਪਰਮਾਤਮਾ। ਪਰਸਤ ਪੈਰ-ਚਰਨ ਛੁਹ ਕੇ। ਸਿਝਤ-ਸਫਲ ਹੋ ਜਾਂਦੇ ਹਨ, ਕਾਮਯਾਬ ਹੋ ਜਾਂਦੇ ਹਨ। ਸੁਆਮੀ-ਮਾਲਕ-ਪ੍ਰਭੂ ਦੇ। ਅਖਰੁ-ਉਪਦੇਸ਼, ਸਿੱਖਿਆ। ੨।

ਨਾ ਜਾਨਾ-ਮੈਂ ਨਹੀਂ ਪਛਾਣਦਾ, ਮੈਂ ਕਾਫ਼ੀ ਨਹੀਂ ਸਮਝਦਾ। ਜਪੀ-ਮੈਂ ਜਪਦਾ ਹਾਂ। ਭੇਟਿਓ-ਮਿਲ ਪਿਆ। ਸਬਦਿ-(ਗੁਰੂ ਦੇ) ਸ਼ਬਦ ਦੀ ਰਾਹੀਂ। ਨਿਬੇੜਾ-(ਸਾਰੇ ਕੀਤੇ ਕਰਮਾਂ ਦਾ) ਲੇਖਾ ਨਿਬੜ ਜਾਂਦਾ ਹੈ।

ਅਰਥ :–(ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ) ਤਾਰਨ ਵਾਲੇ ਹੇ ਗੁਰੂ ! ਮੈਨੂੰ (ਇਹਨਾਂ ਲਹਿਰਾਂ ਵਿਚੋਂ) ਪਾਰ ਲੰਘਾ ਲੈ । ਸਦਾ ਕਾਇਮ ਰਹਿਣ ਵਾਲੇ ਅਤੇ ਸਰਬ-ਵਿਆਪਕ ਪਰਮਾਤਪਾ ਦੀ ਭਗਤੀ (ਦੀ ਦਾਤਿ)ਮੈਨੂੰ ਦੇਹ । ਮੈਂ ਤੈਥੋਂ ਸਦਕੇ ਜਾਂਦਾ ਹਾਂ । ੧ । ਰਹਾਉ ।

(ਹੇ ਗੁਰੂ !) ਮੇਰੀ ਜ਼ਿੰਦਗੀ ਦੀ ਬੇੜੀ ਪਾਪਾਂ ਨਾਲ ਭਰੀ ਹੋਈ ਹੈ, ਮਾਇਆ ਦਾ ਝੱਖੜ ਝੁੱਲ ਰਿਹਾ ਹੈ, ਮੈਨੂੰ ਡਰ ਲੱਗ ਰਿਹਾ ਹੈ ਕਿ ਕਿਤੇ (ਮੇਰੀ ਬੇੜੀ) ਡੁੱਬ ਨ ਜਾਏ। (ਚੰਗਾ ਹਾਂ ਮੰਦਾ ਹਾਂ) ਪਰਮਾਤਮਾ ਨੂੰ ਮਿਲਣ ਵਾਸਤੇ (ਪ੍ਰਭੂ ਦੇ ਚਰਨਾਂ ਵਿਚ ਜੁੜਨ ਵਾਸਤੇ) ਮੈਂ ਝਾਕਾ ਲਾਹ ਕੇ ਤੇਰੇ ਦਰ ਤੇ ਆ ਗਿਆ ਹਾਂ। ਹੇ ਗੁਰੂ ! ਮੈਨੂੰ ਜ਼ਰੂਰ ਪ੍ਰਭੂ ਦੀ ਸਿਫਤਿ ਸਾਲਾਹ ਦੀ ਦਾਤਿ ਦੇਹ । ੧ ।

ਜਿਨ੍ਹਾਂ ਨੂੰ ਗੁਰੂ ਦਾ ਉਪਦੇਸ਼ ਮਿਲ ਜਾਂਦਾ ਹੈ ਉਹ ਮਾਲਿਕ-ਪ੍ਰਭੂ ਦੇ ਚਰਨ ਛੁਹ ਕੇ (ਜ਼ਿੰਦਗੀ ਦੀ ਬਾਜ਼ੀ ਵਿਚ) ਕਾਮਯਾਬ ਹੋ ਜਾਂਦੇ ਹਨ, ਉਹ ਇੱਕ ਪਰਮਾਤਮਾ ਨੂੰ ਆਪਣੇ ਚਿੱਤ ਵਿਚ ਵਸਾਂਦੇ ਹਨ, ਉਹੀ ਹਨ ਅਸਲ ਸਿੱਧ ਸਾਧਿਕ ਜੋਗੀ ਤੇ ਜੰਗਮ । ੨ ।

ਹੇ ਪ੍ਰਭੂ ! (ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦਾ ਲੇਖਾ ਨਿਬੇੜਨ ਵਾਸਤੇ) ਮੈਂ ਕਿਸੇ ਜਪ ਤਪ ਸੰਜਮ ਆਦਿਕ ਧਾਰਮਿਕ ਕਰਮ ਨੂੰ ਕਾਫ਼ੀ ਨਹੀਂ ਸਮਝਦਾ । ਮੈਂ ਤੇਰਾ ਨਾਮ ਹੀ ਸਿਮਰਦਾ ਹਾਂ ।

ਹੇ ਨਾਨਕ ! ਜਿਸ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ ਪਰਮਾਤਮਾ ਮਿਲ ਪੈਂਦਾ ਹੈ (ਕਿਉਂਕਿ) ਗੁਰੂ ਦੇ ਸੱਚੇ ਸ਼ਬਦ ਦੀ ਰਾਹੀਂ ਉਸ ਦੇ ਜਨਮਾਂ ਜਨਮਾਂਤਰਾਂ ਦੇ ਕੀਤੇ ਕਰਮਾਂ ਦਾ ਲੇਖਾ ਨਿੱਬੜ ਜਾਂਦਾ ਹੈ । ੩ । ੬ ।

ਰਾਮਕਲੀ ਮਹਲਾ ੧ ॥ ਸੁਰਤੀ ਸੁਰਤਿ ਰਲਾਈਐ ਏਤੁ ॥ ਤਨੁ ਕਰਿ ਤੁਲਹਾ ਲੰਘਹਿ ਜੇਤੁ ॥ ਅੰਤਰਿ ਭਾਹਿ ਤਿਸੈ ਤੂ ਰਖੁ ॥ ਅਹਿਨਿਸਿ ਦੀਵਾ ਬਲੈ ਅਥਕੁ ॥ ੧ ॥ ਐਸਾ ਦੀਵਾ ਨੀਰਿ ਤਰਾਇ ॥ ਜਿਤੁ ਦੀਵੈ ਸਭ ਸੋਝੀ ਪਾਇ ॥ ੧ ॥ ਰਹਾਉ ॥ ਹਛੀ ਮਿਟੀ ਸੋਝੀ ਹੋਇ ॥ ਤਾ ਕਾ ਕੀਆ ਮਾਨੈ ਸੋਇ ॥ ਕਰਣੀ ਤੇ ਕਰਿ ਚਕਹੁ ਢਾਲਿ ॥ ਐਥੈ ਓਥੈ ਨਿਬਹੀ ਨਾਲਿ॥ ੨ ॥ ਆਪੇ ਨਦਰਿ ਕਰੇ ਜਾ ਸੋਇ ॥ ਗੁਰਮੁਖਿ ਵਿਰਲਾ ਬੂਝੈ ਕੋਇ ॥ ਤਿਤੁ ਘਟਿ ਦੀਵਾ ਨਿਹਚਲੁ ਹੋਇ ॥ ਪਾਣੀ ਮਰੈ ਨ ਬੁਝਾਇਆ ਜਾਇ ॥ ਐਸਾ ਦੀਵਾ ਨੀਰਿ ਤਰਾਇ ॥ ੩ ॥ ਡੋਲੈ ਵਾਉ ਨ ਵਡਾ ਹੋਇ ॥ ਜਾਪੈ ਜਿਉ ਸਿੰਘਾਸਣਿ ਲੋਇ ॥ ਖਤ੍ਰੀ ਬ੍ਰਾਹਮਣੁ ਸੂਦੁ ਕਿ ਵੈਸੁ ॥ ਨਿਰਤਿ ਨ ਪਾਈਆ ਗਣੀ ਸਹੰਸ ॥ ਐਸਾ ਦੀਵਾ ਬਾਲੇ ਕੋਇ ॥ ਨਾਨਕ ਸੋ ਪਾਰੰਗਤਿ

ਹੋਇ ॥ ੪ ॥ ੭ ॥ [ਪੰਨਾ ੮੭੮]

ਨੋਟ ! ਕੱਤਕ ਪੂਰਨਮਾਸ਼ੀ ਦੀ ਰਾਤ ਨੂੰ ਹਿੰਦੂ ਇਸਤ੍ਰੀਆਂ ਆਟੇ ਦੇ ਦੀਵੇ ਬਣਾ ਕੇ ਤੁਲਹੇ ਉਤੇ ਤਾਰਦੀਆਂ ਹਨ ।

ਪਦ ਅਰਥ :—ਸੁਰਤੀ—ਜਿਸ ਵਿਚ ਸੁਰਤਿ ਜੋੜੀਦੀ ਹੈ, ਪਰਮਾਤਮਾ । ਏਤੁ—ਇਸ (ਮਨੁੱਖਾ ਜਨਮ) ਵਿਚ । ਕਰਿ—ਬਣਾ । ਤੁਲਹਾ—ਨਦੀ ਪਾਰ ਕਰਨ ਲਈ ਰੱਸਿਆਂ ਨਾਲ ਬੱਧਾ ਹੋਇਆ ਕਾਹੀ ਪਿਲਛੀ ਤੇ ਸ਼ਤੀਰੀਆਂ ਦਾ ਗੱਠਾ । ਜੇਤੁ—ਜਿਸ (ਤੁਲਹੇ) ਨਾਲ । ਭਾਹਿ—ਅੱਗ, ਬ੍ਰਹਮ-ਅਗਨੀ, ਰੱਬੀ ਜੋਤਿ । ਅਹਿ—ਦਿਨ । ਨਿਸਿ—ਰਾਤ । ਅਥਕੁ—ਨਾਂਹ ਥੱਕਣ ਵਾਲਾ, ਲਗਾਤਾਰ । ੧ ।

ਨੀਰਿ—ਪਾਣੀ ਉਤੇ । ਜਿਤੁ ਦੀਵੈ—ਜਿਸ ਦੀਵੇ ਦੀ ਰਾਹੀਂ । ਸਭ ਸੋਝੀ ਪਾਇ—ਸਭ ਕੁਝ ਦਿੱਸ ਸਕੇ । ੧ । ਰਹਾਉ ।

ਸੋਝੀ—ਸਮਝ, ਅਕਲ । ਤਾ ਕਾ—ਉਸ (ਮਿੱਟੀ) ਦਾ ਬਣਾਇਆ ਹੋਇਆ (ਦੀਵਾ) । ਮਾਨੈ—ਪਰਵਾਨ ਕਰਦਾ ਹੈ । ਸੋਇ—ਉਹ ਪਰਮਾਤਮਾ । ਕਰਣੀ—ਉੱਚਾ ਆਚਰਨ । ਤੇ—ਤੋਂ । ਚਕਹੁ—ਚੱਕ ਤੋਂ । ਕਰਿ—(ਚੱਕ) ਬਣਾ ਕੇ । ੨ ।

ਗੁਰਮੁਖਿ—ਗੁਰੂ ਵਲ ਮੂੰਹ ਕਰ ਕੇ, ਗੁਰੂ ਦੇ ਦੱਸੇ ਰਾਹ ਤੇ ਤੁਰ ਕੇ । ਤਿਤੁ—ਉਸ ਵਿਚ । ਘਟਿ—ਹਿਰਦੇ ਵਿਚ । ਤਿਤੁ ਘਟਿ—ਉਸ ਹਿਰਦੇ ਵਿਚ । ਨਿਹਚਲੁ—ਟਿਕਵਾਂ । ਮਰੈ ਨ—ਡੁੱਬਦਾ ਨਹੀਂ । ੩ ।

ਵਾਉ—ਹਵਾ । ਨ ਵਡਾ ਹੋਇ—ਬੁੱਝਦਾ ਨਹੀਂ । ਜਾਪੈ—ਦਿੱਸ ਪੈਂਦਾ ਹੈ । ਜਿਉ—ਜਿਉਂ ਕਾ ਤਿਉਂ, ਪ੍ਰਤੱਖ । ਸਿੰਘਾਸਣਿ—ਸਿੰਘਾਸਨ ਉਤੇ, ਹਿਰਦੇ-ਤਖ਼ਤ ਉਤੇ । ਲੋਇ—(ਦੀਵੇ ਦੀ) ਲੋ ਨਾਲ । ਕਿ—ਭਾਵੇਂ । ਨਿਰਤਿ—ਨਿਰਨਾ, ਗਿਣਤੀ । ਗਣੀ—ਜੇ ਮੈਂ ਗਿਣਾਂ । ਸਹੰਸ—ਹਜ਼ਾਰਾਂ (ਜਾਤੀਆਂ) । ਕੋਇ—ਕੋਈ ਭੀ ਮਨੁੱਖ, ਕਿਸੇ ਭੀ ਜਾਤਿ ਦਾ ਮਨੁੱਖ । ਪਾਰੰਗਤਿ—(ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਸਕਣ ਵਾਲੀ ਆਤਮਕ ਅਵਸਥਾ ਵਾਲਾ । ਗਤਿ—ਆਤਮਕ ਅਵਸਥਾ । ਪਾਰੰਗਤਿ—ਉਹ ਜਿਸ ਦੀ ਆਤਮਕ ਅਵਸਥਾ ਪਾਰ ਲੰਘਾਣ ਵਾਲੀ ਹੋ ਗਈ ਹੈ । ੪ ।

ਅਰਥ :—(ਹੇ ਭਾਈ !) ਤੂੰ ਪਾਣੀ ਉਤੇ ਇਹੋ ਜੇਹਾ ਦੀਵਾ ਤਾਰ ਜਿਸ ਦੀਵੇ ਦੀ ਰਾਹੀਂ (ਜਿਸ ਦੀਵੇ ਦੇ ਚਾਨਣ ਨਾਲ) ਤੈਨੂੰ ਜੀਵਨ-ਸਫ਼ਰ ਦੀਆਂ ਸਾਰੀਆਂ ਗੁੰਝਲਾਂ ਦੀ ਸਮਝ ਪੈ ਜਾਏ । ੧ । ਰਹਾਉ ।

(ਪਹਿਲਾਂ ਤਾਂ) ਇਸ ਮਨੁੱਖਾ ਜਨਮ ਵਿਚ ਪਰਮਾਤਮਾ (ਦੇ ਚਰਨਾਂ) ਵਿਚ ਸੁਰਤਿ ਜੋੜਨੀ ਚਾਹੀਦੀ ਹੈ । ਸਰੀਰ ਨੂੰ (ਵਿਕਾਰਾਂ ਦੇ ਭਾਰ ਤੋਂ ਬਚਾ ਕੇ ਹੌਲਾ-ਫੁੱਲ ਕਰ ਲੈ, ਅਜੇਹੇ ਸਰੀਰ ਨੂੰ) ਤੁਲਹਾ ਬਣਾ, ਜਿਸ (ਸਰੀਰ) ਦੀ ਸਹੈਤਾ ਨਾਲ ਤੂੰ (ਸੰਸਾਰ-

ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਸਕੇਂਗਾ । ਤੇਰੇ (ਆਪਣੇ) ਅੰਦਰ ਬ੍ਰਹਮ-ਅਗਨੀ (ਰੱਬੀ ਜੋਤਿ) ਹੈ, ਉਸ ਨੂੰ (ਸੰਭਾਲ ਕੇ) ਰੱਖ, (ਇਸ ਤਰ੍ਹਾਂ ਤੇਰੇ ਅੰਦਰ) ਦਿਨ ਰਾਤ ਲਗਾਤਾਰ (ਗਿਆਨ ਦਾ) ਦੀਵਾ ਬਲਦਾ ਰਹੇਗਾ । ੧ ।

(ਜੇ ਸਹੀ ਜੀਵਨ-ਜੁਗਤਿ ਨੂੰ ਸਮਝਣ ਵਾਲੀ) ਸੁਚੱਜੀ ਅਕਲ ਦੀ ਮਿੱਟੀ ਹੋਵੇ, ਉਸ ਮਿੱਟੀ ਦਾ ਬਣਿਆ ਹੋਇਆ ਦੀਵਾ ਪਰਮਾਤਮਾ ਪਰਵਾਨ ਕਰਦਾ ਹੈ । (ਹੇ ਭਾਈ !) ਉੱਚੇ ਆਚਰਨ (ਦੀ ਲੱਕੜੀ) ਤੋਂ (ਚੱਕ) ਬਣਾ ਕੇ (ਉਸ) ਚੱਕ ਤੋਂ (ਦੀਵਾ) ਘੜ । ਇਹ ਦੀਵਾ ਇਸ ਲੋਕ ਵਿਚ ਤੇ ਪਰਲੋਕ ਵਿਚ ਤੇਰਾ ਸਾਥ ਨਿਬਾਹੇਗਾ (ਜੀਵਨ-ਸਫ਼ਰ ਵਿਚ ਤੇਰੀ ਰਾਹਬਰੀ ਕਰੇਗਾ) । ੨ ।

ਜਦੋਂ ਪ੍ਰਭੂ ਆਪ ਹੀ ਮੇਹਰ ਦੀ ਨਜ਼ਰ ਕਰਦਾ ਹੈ ਤਾਂ ਮਨੁੱਖ (ਇਸ ਆਤਮਕ ਦੀਵੇ ਦੇ ਭੇਤ ਨੂੰ) ਸਮਝ ਲੈਂਦਾ ਹੈ, ਪਰ ਸਮਝਦਾ ਕੋਈ ਵਿਰਲਾ ਹੀ ਹੈ ਜੋ ਗੁਰੂ ਦੇ ਦੱਸੇ ਹੋਏ ਰਸਤੇ ਉਤੇ ਤੁਰਦਾ ਹੈ । ਅਜੇਹੇ ਮਨੁੱਖ ਦੇ ਹਿਰਦੇ ਵਿਚ (ਇਹ ਆਤਮਕ) ਦੀਵਾ ਟਿਕਵਾਂ (ਰਹਿ ਕੇ ਜਗਦਾ) ਹੈ । (ਇਹ ਆਤਮਕ ਜੀਵਨ ਦਾ ਚਾਨਣ ਦੇਣ ਵਾਲਾ ਦੀਵਾ) ਨਾਂਹ ਪਾਣੀ ਵਿਚ ਡੁੱਬਦਾ ਹੈ, ਨਾਂਹ ਹੀ ਇਹ ਦੀਵਾ ਬੁਝਾਇਆ ਜਾ ਸਕਦਾ ਹੈ ।

ਹੇ ਭਾਈ ! ਤੂੰ ਭੀ ਇਹੋ ਜਿਹਾ (ਆਤਮਕ ਜੀਵਨ-ਦਾਤਾ) ਦੀਵਾ (ਰੋਜ਼ਾਨਾ ਜੀਵਨ ਦੀ ਨਦੀ ਦੇ) ਪਾਣੀ ਵਿਚ ਤਾਰ । ੩ ।

(ਕਿਤਨਾ ਹੀ ਵਿਕਾਰਾਂ ਦਾ) ਝੱਖੜ ਝੁੱਲੇ ਇਹ (ਆਤਮਕ ਚਾਨਣ ਦੇਣ ਵਾਲਾ ਦੀਵਾ) ਡੋਲਦਾ ਨਹੀਂ, ਇਹ (ਆਤਮਕ ਦੀਵਾ) ਬੁੱਝਦਾ ਨਹੀਂ । (ਇਸ ਦੀਵੇ ਦੇ) (ਚਾਨਣ ਨਾਲ)ਹਿਰਦੇ-ਤਖ਼ਤ ਉਤੇ ਬੈਠਾ ਹੋਇਆ ਪਰਮਾਤਮਾ ਪ੍ਰਤੱਖ ਦਿੱਸ ਪੈਂਦਾ ਹੈ ।

ਕੋਈ ਖਤ੍ਰੀ ਹੋਵੇ, ਬ੍ਰਾਹਮਣ ਹੋਵੇ, ਸ਼ੂਦਰ ਹੋਵੇ, ਚਾਹੇ ਵੈਸ਼ ਹੋਵੇ (ਨਿਰੇ ਇਹ ਚਾਰੇ ਵਰਨ ਨਹੀਂ) ਮੈਂ ਜੇ ਹਜ਼ਾਰਾਂ ਹੀ ਜਾਤੀਆਂ ਗਿਣੀ ਜਾਵਾਂ ਜਿਨ੍ਹਾਂ ਦੀ ਗਿਣਤੀ ਦਾ ਲੇਖਾ ਮੁੱਕ ਨਾਂਹ ਸਕੇ-(ਇਹਨਾਂ ਵਰਨਾਂ ਜਾਤੀਆਂ ਵਿਚ ਜੰਮਿਆ ਹੋਇਆ) ਜੇਹੜਾ ਭੀ ਜੀਵ ਇਹੋ ਜਿਹਾ (ਆਤਮਕ ਚਾਨਣ ਦੇਣ ਵਾਲਾ) ਦੀਵਾ ਜਗਾਏਗਾ, ਹੇ ਨਾਨਕ ! ਉਸ ਦੀ ਆਤਮਕ ਅਵਸਥਾ ਅਜੇਹੀ ਬਣ ਜਾਇਗੀ ਕਿ ਉਹ ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਵਿਚੋਂ ਸਹੀ-ਸਲਾਮਤ ਪਾਰ ਲੰਘ ਜਾਇਗਾ । ੪ । ੭ ।

ਰਾਮਕਲੀ ਮਹਲਾ ੧ ॥ ਤੁਧ ਨੋ ਨਿਵਣੁ ਮੰਨਣੁ ਤੇਰਾ ਨਾਉ ॥ ਸਾਚੁ ਭੇਟ ਬੈਸਣ ਕਉ ਥਾਉ ॥ ਸਤੁ ਸੰਤੋਖੁ ਹੋਵੈ ਅਰਦਾਸਿ ॥ ਤਾ ਸੁਣਿ ਸਦਿ ਬਹਾਲੇ ਪਾਸਿ ॥ ੧ ॥ ਨਾਨਕ ਬਿਰਥਾ ਕੋਇ ਨ ਹੋਇ ॥ ਐਸੀ ਦਰਗਹ ਸਾਚਾ ਸੋਇ ॥੧॥ ਰਹਾਉ ॥ ਪ੍ਰਾਪਤਿ ਪੋਤਾ ਕਰਮੁ ਪਸਾਉ ॥ ਤੂ ਦੇਵਹਿ

ਮੰਗਤ ਜਨ ਚਾਉ ॥ ਭਾਡੈ ਭਾਉ ਪਵੈ ਤਿਤੁ ਆਇ ॥ ਧੁਰਿ ਤੈ ਛੋਡੀ ਕੀਮਤਿ ਪਾਇ ॥ ੨ ॥ ਜਿਨਿ ਕਿਛੁ ਕੀਆ ਸੋ ਕਿਛੁ ਕਰੈ ॥ ਅਪਨੀ ਕੀਮਤਿ ਆਪੇ ਧਰੈ ॥ ਗੁਰਮੁਖਿ ਪਰਗਟੁ ਹੋਆ ਹਰਿਰਾਇ ॥ ਨਾ ਕੋ ਆਵੈ ਨਾ ਕੋ ਜਾਇ ॥ ੩ ॥ ਲੋਕੁ ਧਿਕਾਰੁ ਕਹੈ ਮੰਗਤ ਜਨ ਮਾਗਤ ਮਾਨੁ ਨ ਪਾਇਆ ॥

ਸਹ ਕੀਆ ਗਲਾ ਦਰ ਕੀਆ ਬਾਤਾ ਤੈ ਤਾ ਕਹਣੁ ਕਹਾਇਆ ॥੪॥੮॥

[ਪੰਨਾ ੯੭੮]

ਨੋਟ ! ਕਿਸੇ ਰਾਜੇ ਬਾਦਸ਼ਾਹ ਦੇ ਦਰਬਾਰ ਵਿਚ ਕੋਈ ਸਵਾਲੀ ਜਾਂਦਾ ਹੈ ਤਾਂ ਪਹਿਲਾਂ ਉਥੇ ਸਿਰ ਨਿਵਾਂਦਾ ਹੈ, ਫਿਰ ਕੋਈ ਭੇਟਾ ਪੇਸ਼ ਕਰਦਾ ਹੈ। ਤਦੋਂ ਰਾਜ-ਦਰਬਾਰ ਵਿਚ ਉਸ ਨੂੰ ਬੈਠਣ ਲਈ ਥਾਂ ਮਿਲਦਾ ਹੈ ਆਦਰ ਮਿਲਦਾ ਹੈ।

ਪਦ ਅਰਥ :-ਤੁਧ ਨੋ-ਤੈਨੂੰ, ਤੇਰੇ ਅੱਗੇ। ਨਿਵਣੁ-ਸਿਰ ਨਿਵਾਣਾ। ਮੰਨਣੁ-ਪਤੀਜਣਾ, ਡੂੰਘੀ ਸਾਂਝ ਪਾਣੀ। ਸਾਚੁ-ਸਿਫ਼ਤਿ ਸਾਲਾਹ। ਬੈਸਣ ਕਉ-ਬੈਠਣ ਲਈ। ਸਤੁ-ਦਾਨ, ਸੇਵਾ। ਸੁਣਿ-ਸੁਣ ਕੇ। ਸਦਿ-ਸੱਦ ਕੇ। ੧।

ਬਿਰਥਾ-ਖ਼ਾਲੀ। ੧। ਰਹਾਉ।

ਪੋਤਾ-ਖ਼ਜ਼ਾਨਾ। ਕਰਮੁ-ਬਖ਼ਸ਼ਸ਼। ਪਸਾਉ-ਪ੍ਰਸਾਦ, ਕਿਰਪਾ। ਚਾਉ-ਤਾਂਘ। ਭਾਡੈ-ਭਾਂਡੇ ਵਿਚ, ਹਿਰਦੇ ਵਿਚ। ਭਾਉ-ਪ੍ਰੇਮ। ਤਿਤੁ-ਉਸ ਵਿਚ। ਤਿਤੁ ਭਾਡੈ-ਉਸ ਹਿਰਦੇ ਵਿਚ। ਧੁਰਿ-ਧੁਰ ਤੋਂ, ਆਪਣੇ ਦਰ ਤੋਂ। ਤੈ-ਤੂੰ। ਕੀਮਤਿ-ਕਦਰ। ਪਾਇ ਛੋਡੀ-ਪਾ ਦਿੱਤੀ ਹੈ। ੨।

ਜਿਨਿ-ਜਿਸ (ਪਰਮਾਤਮਾ) ਨੇ। ਸੋ-ਉਹੀ ਪਰਮਾਤਮਾ। ਕੀਮਤਿ-ਕਦਰ। ਧਰੈ-(ਜੀਵ ਦੇ ਹਿਰਦੇ ਵਿਚ)ਟਿਕਾਂਦਾ ਹੈ। ਗੁਰਮੁਖਿ-ਜੋ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ। ੩।

ਲੋਕੁ-ਜਗਤ। ਧਿਕਾਰੁ-ਫਿਟਕਾਰ। ਮਾਗਤ-ਮੰਗਦਿਆਂ। ਮਾਨੁ-ਇੱਜ਼ਤ। ਸਹ ਕੀਆ-ਖਸਮ-ਪ੍ਰਭੂ ਦੀਆਂ। ਤੈ ਤਾ-ਤੂੰ ਆਪ ਹੀ। ਕਹਣੁ-ਬੋਲ। ੪।

ਅਰਥ :-ਹੇ ਨਾਨਕ ! ਪਰਮਾਤਮਾ ਦੀ ਦਰਗਾਹ ਅਜੇਹੀ ਹੈ,ਉਹੀ ਸਦਾ ਕਾਇਮ ਰਹਿਣ ਵਾਲਾ ਪਰਮਾਤਮਾ ਆਪ ਭੀ ਅਜੇਹਾ ਹੈ ਕਿ (ਉਸ ਦੀ ਹਜ਼ੂਰੀ ਵਿਚ ਪਹੁਚ ਕੇ) ਕੋਈ (ਸਵਾਲੀ) ਖ਼ਾਲੀ ਨਹੀਂ ਮੁੜਦਾ। ੧। ਰਹਾਉ।

(ਹੇ ਪ੍ਰਭੂ !) ਤੇਰੇ ਨਾਮ ਨਾਲ ਡੂੰਘੀ ਸਾਂਝ ਪਾਨੀ ਤੇਰੇ ਅੱਗੇ ਸਿਰ ਨਿਵਾਣਾ ਹੈ, ਤੇਰੀ ਸਿਫ਼ਤਿ ਸਾਲਾਹ (ਤੇਰੇ ਦਰ ਤੇ ਪਰਵਾਨ ਹੋਣ ਵਾਲੀ) ਭੇਟਾ ਹੈ(ਜਿਸ ਦੀ ਬਰਕਤਿ ਨਾਲ ਤੇਰੀ ਹਜ਼ੂਰੀ ਵਿਚ) ਬੈਠਣ ਲਈ ਥਾਂ ਮਿਲਦਾ ਹੈ।

(ਹੇ ਭਾਈ !) ਜਦੋਂ ਮਨੁੱਖ ਸੰਤੋਖ ਧਾਰਦਾ ਹੈ, (ਦੂਜਿਆਂ ਦੀ) ਸੇਵਾ ਕਰਦਾ ਹੈ

(ਤੇ ਇਸ ਜੀਵਨ-ਮਰਯਾਦਾ ਵਿਚ ਰਹਿ ਕੇ ਪ੍ਰਭੂ-ਦਰ ਤੇ) ਅਰਦਾਸ ਕਰਦਾ ਹੈ, ਤਦੋਂ (ਅਰਦਾਸ) ਸੁਣ ਕੇ (ਸਵਾਲੀ ਨੂੰ) ਸੱਦ ਕੇ ਪ੍ਰਭੂ ਆਪਣੇ ਕੋਲ ਬਿਠਾਂਦਾ ਹੈ । ੧ ।

ਹੇ ਪ੍ਰਭੂ ! ਜਿਸ ਮਨੁੱਖ ਉਤੇ ਤੇਰੀ ਮੇਹਰ ਹੋਵੇ ਜਿਸ ਉਤੇ ਤੂੰ ਬਖ਼ਸ਼ਸ਼ ਕਰੇਂ ਉਸ ਨੂੰ ਤੇਰੇ ਨਾਮ ਦਾ ਖ਼ਜ਼ਾਨਾ ਮਿਲਦਾ ਹੈ । ਮੈਂ ਮੰਗਤੇ ਦੀ ਭੀ ਇਹ ਤਾਂਘ ਹੈ ਕਿ ਤੂੰ ਮੈਨੂੰ ਆਪਣੇ ਨਾਮ ਦੀ ਦਾਤਿ ਦੇਵੇਂ (ਤਾ ਕਿ ਮੇਰੇ ਹਿਰਦੇ ਵਿਚ ਤੇਰੇ ਚਰਨਾਂ ਦਾ ਪਿਆਰ ਪੈਦਾ ਹੋਵੇ) ।

ਹੇ ਪ੍ਰਭੂ ! ਸਿਰਫ਼ ਉਸ ਹਿਰਦੇ ਵਿਚ ਤੇਰੇ ਚਰਨਾਂ ਦਾ ਪ੍ਰੇਮ ਪੈਦਾ ਹੁੰਦਾ ਹੈ ਜਿਸ ਵਿਚ ਤੂੰ ਆਪ ਹੀ ਆਪਣੇ ਦਰ ਤੋਂ ਇਸ ਪ੍ਰੇਮ ਦੀ ਕਦਰ ਪਾ ਦਿੱਤੀ ਹੈ । ੨ ।

ਜਿਸ ਪਰਮਾਤਮਾ ਨੇ ਇਹ ਜਗਤ-ਰਚਨਾ ਬਣਾਈ ਹੈ, ਜੀਵਾਂ ਦੇ ਹਿਰਦੇ ਵਿਚ ਪ੍ਰੇਮ ਦੀ ਖੇਡ ਭੀ ਉਹ ਆਪ ਹੀ ਖੇਡਦਾ ਹੈ । ਜੀਵਾਂ ਦੇ ਹਿਰਦੇ ਵਿਚ ਆਪਣੇ ਨਾਮ ਦੀ ਕਦਰ ਭੀ ਉਹ ਆਪ ਹੀ ਟਿਕਾਂਦਾ ਹੈ ।

ਪਰਮਾਤਮਾ ਗੁਰੂ ਦੀ ਰਾਹੀਂ (ਜੀਵ ਦੇ ਹਿਰਦੇ ਵਿਚ) ਪਰਗਟ ਹੁੰਦਾ ਹੈ, (ਜਿਸ ਦੇ ਅੰਦਰ ਪਰਗਟ ਹੁੰਦਾ ਹੈ ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ ਆਪ ਹੀ ਜੀਵ-ਰੂਪ ਹੋ ਕੇ ਜਗਤ ਵਿਚ ਆਉਂਦਾ ਹੈ ਤੇ ਫਿਰ ਚਲਾ ਜਾਂਦਾ ਹੈ, ਉਸ ਤੋਂ ਬਿਨਾ) ਨਾਂਹ ਕੋਈ ਆਉਂਦਾ ਹੈ ਤੇ ਨਾਂਹ ਕੋਈ ਜਾਂਦਾ ਹੈ । ੩ ।

(ਜਦੋਂ ਕੋਈ ਮੰਗਤਾ ਕਿਸੇ ਪਾਸੋਂ ਕੁਝ ਮੰਗਦਾ ਹੈ, ਤਾਂ ਆਮ ਤੌਰ ਤੇ) ਮੰਗਤੇ ਨੂੰ ਜਗਤ ਫਿਟਕਾਰ ਹੀ ਪਾਂਦਾ ਹੈ, ਮੰਗਦਿਆਂ ਇੱਜ਼ਤ ਨਹੀਂ ਮਿਲਿਆ ਕਰਦੀ । ਪਰ ਹੇ ਖਸਮ-ਪ੍ਰਭੂ ! ਤੂੰ ਆਪਣੇ ਉਦਾਰ-ਚਿੱਤ ਹੋਣ ਦੀਆਂ ਗੱਲਾਂ ਤੇ ਆਪਣੇ ਦਰ ਦੀ ਮਰਯਾਦਾ ਦੀਆਂ ਗੱਲਾਂ ਕਿ ਤੇਰੇ ਦਰ ਤੋਂ ਕਦੇ ਕੋਈ ਖ਼ਾਲੀ ਨਹੀਂ ਜਾਂਦਾ ਤੂੰ ਆਪ ਹੀ ਮੇਰੇ ਮੂੰਹੋਂ ਅਖਵਾਈਆਂ ਹਨ (ਤੇਰੇ ਦਰ ਦੇ ਸਵਾਲੀ ਨੂੰ ਇੱਜ਼ਤ ਭੀ ਮਿਲਦੀ ਹੈ ਤੇ ਮੂੰਹ-ਮੰਗੀ ਚੀਜ਼ ਭੀ ਮਿਲਦੀ ਹੈ) । ੪ । ੮ ।

ਰਾਮਕਲੀ ਮਹਲਾ ੧ ॥ ਸਾਗਰ ਮਹਿ ਬੂੰਦ ਬੂੰਦ ਮਹਿ ਸਾਗਰੁ ਕਵਣੁ ਬੁਝੈ ਬਿਧਿ ਜਾਣੈ ॥ ਉਤਭੁਜ ਚਲਤ ਆਪਿ ਕਰਿ ਚੀਨੈ ਆਪੇ ਤਤੁ ਪਛਾਣੈ॥ ੧ ॥ ਐਸਾ ਗਿਆਨੁ ਬੀਚਾਰੈ ਕੋਈ ॥ ਤਿਸ ਤੇ ਮੁਕਤਿ ਪਰਮਗਤਿ ਹੋਈ ॥ ੧ ॥ ਰਹਾਉ ॥ ਦਿਨ ਮਹਿ ਰੈਣਿ ਰੈਣਿ ਮਹਿ ਦਿਨੀਅਰੁ ਉਸਨ ਸੀਤ ਬਿਧਿ ਸੋਈ ॥ ਤਾ ਕੀ ਗਤਿ ਮਿਤਿ ਅਵਰੁ ਨ ਜਾਣੈ ਗੁਰ ਬਿਨੁ ਸਮਝ ਨ ਹੋਈ ॥ ੨ ॥ ਪੁਰਖ ਮਹਿ ਨਾਰਿ ਨਾਰਿ ਮਹਿ ਪੁਰਖਾ ਬੂਝਹੁ ਬ੍ਰਹਮ ਗਿਆਨੀ॥ ਧੁਨਿ ਮਹਿ ਧਿਆਨੁ ਧਿਆਨ ਮਹਿ ਜਾਨਿਆ ਗੁਰਮੁਖਿ ਅਕਥ ਕਹਾਨੀ ॥ ੩ ॥

ਮਨ ਮਹਿ ਜੋਤਿ ਜੋਤਿ ਮਹਿ ਮਨੂਆ ਪੰਚ ਮਿਲੇ ਗੁਰ ਭਾਈ ॥ ਨਾਨਕ ਤਿਨ ਕੈ ਸਦ ਬਲਿਹਾਰੀ ਜਿਨ ਏਕ ਸਬਦਿ ਲਿਵ ਲਾਈ॥੪॥੯॥[੮੭੮]

ਪਦ ਅਰਥ :–ਸਾਗਰੁ–ਸਮੁੰਦਰ। ਸਾਗਰ ਮਹਿ–ਸਮੁੰਦਰ ਵਿਚ [ਨੋਟ : ਲਫ਼ਜ਼ 'ਸਾਗਰੁ' ਅਤੇ 'ਸਾਗਰ' ਦੇ ਜੋੜਾਂ ਦਾ ਫ਼ਰਕ ਵੇਖੋ । ਕਿਉਂ ਹੈ ਇਹ ਫ਼ਰਕ ?] । ਕਵਨੁ–ਕੋਈ ਵਿਰਲਾ। ਉਤਭੁਜ ਚਲਤ–ਉਤਭੁਜ (ਆਦਿਕ ਚਾਰ ਖਾਣੀਆਂ ਦੀ ਰਾਹੀਂ ਉਤਪੱਤੀ) ਦਾ ਤਮਾਸ਼ਾ। ਕਰਿ–ਕਰ ਕੇ, ਬਣਾ ਕੇ। ਚੀਨੈ–ਪਛਾਣਦਾ ਹੈ। ਆਪੇ–(ਪ੍ਰਭੂ) ਆਪ ਹੀ। ਤਤੁ–ਅਸਲੀਅਤ। ੧।

ਕੋਈ–ਕੋਈ ਵਿਰਲਾ। ਗਿਆਨੁ–ਆਤਮਕ ਜੀਵਨ ਦੀ ਸਮਝ। ਤਿਸ ਤੇ–ਉਸ ਤੋਂ, ਉਸ ਪਰਮਾਤਮਾ ਤੋਂ, ਉਸ ਪਰਮਾਤਮਾ ਦੀ ਸਿਫ਼ਤਿ ਸਾਲਾਹ ਤੋਂ । ਮੁਕਤਿ–ਵਿਕਾਰਾਂ ਤੋਂ ਖਲਾਸੀ। ਪਰਮ ਗਤਿ–ਸਭ ਤੋਂ ਉੱਚੀ ਆਤਮਕ ਅਵਸਥਾ । ਹੋਈ–ਹੋ ਜਾਂਦੀ ਹੈ। ੧। ਰਹਾਉ।

ਰੈਣਿ–ਰਾਤ। ਦਿਨੀਅਰੁ–ਦਿਨ-ਕਰ, ਸੂਰਜ। ਉਸਨ–ਗਰਮੀ। ਸੀਤ–ਠੰਢ । ਬਿਧਿ–ਜੁਗਤਿ। ਤਾ ਕੀ–ਉਸ (ਪਰਮਾਤਮਾ) ਦੀ । ਗਤਿ–ਹਾਲਤ । ਮਿਤਿ–ਮਾਪ, ਮਰਯਾਦਾ। ਤਾ ਕੀ ਗਤਿ ਮਿਤਿ–ਉਹ ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ।੨।

ਬ੍ਰਹਮ ਗਿਆਨੀ–ਹੇ ਬ੍ਰਹਮ ਦੇ ਗਿਆਨ ਵਾਲੇ ! ਹੇ ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲੇ ! ਧੁਨਿ–ਸਿਫ਼ਤਿ ਸਾਲਾਹ ਦਾ ਸ਼ਬਦ। ਧਿਆਨੁ–ਸੁਰਤਿ । ਅਕਥ ਕਹਾਨੀ–ਅਕੱਥ ਦੀ ਕਹਾਣੀ, ਬੇਅੰਤ ਪ੍ਰਭੂ ਦੀ ਸਿਫ਼ਤਿ ਸਾਲਾਹ । ਗੁਰਮੁਖਿ–ਗੁਰੂ ਦੀ ਰਾਹੀਂ । ੩।

ਪੰਚ–ਪੰਜੇ ਗਿਆਨ ਇੰਦ੍ਰੇ। ਗੁਰ ਭਾਈ–ਇਕੋ ਗੁਰੂ ਵਾਲੇ। ਮਿਲੇ–ਇਕੱਠੇ ਹੋ ਗਏ, ਇੱਕ ਥਾਂ ਟਿਕ ਗਏ, ਭਟਕਣੋਂ ਹਟ ਗਏ। ਤਿਨ ਕੈ–ਉਹਨਾਂ ਤੋਂ। ਸਦ–ਸਦਾ। ਏਕ ਸਬਦਿ–ਇੱਕ ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਬਾਣੀ ਵਿਚ। ੪।

ਅਰਥ :–(ਜਿਵੇਂ) ਸਮੁੰਦਰ ਵਿਚ ਬੂੰਦਾਂ ਹਨ (ਜਿਵੇਂ) ਬੂੰਦਾਂ ਵਿਚ ਸਮੁੰਦਰ ਵਿਆਪਕ ਹੈ(ਤਿਵੇਂ ਸਾਰੇ ਜੀਅ ਜੰਤ ਪਰਮਾਤਮਾ ਵਿਚ ਜੀਉਂਦੇ ਹਨ ਅਤੇ ਸਾਰੇ ਜੀਵਾਂ ਵਿਚ ਪਰਮਾਤਮਾ ਵਿਆਪਕ ਹੈ) ਉਤਭੁਜ (ਆਦਿਕ ਚਾਰ ਖਾਣੀਆਂ ਦੀ ਰਾਹੀਂ ਉਤ-ਪੱਤੀ) ਦਾ ਤਮਾਸ਼ਾ ਰਚ ਕੇ ਪ੍ਰਭੂ ਆਪ ਹੀ ਵੇਖ ਰਿਹਾ ਹੈ,ਤੇ ਆਪ ਹੀ ਇਸ ਅਸਲੀਅਤ ਨੂੰ ਸਮਝਦਾ ਹੈ–ਕੋਈ ਵਿਰਲਾ ਮਨੁੱਖ ਇਸ ਭੇਦ ਨੂੰ ਬੁੱਝਦਾ ਹੈ ਤੇ ਵਿਓਂਤ ਨੂੰ ਸਮਝਦਾ ਹੈ। ੧।

ਉਸ (ਸਰਬ-ਸਿਰਜਣਹਾਰ ਤੇ ਸਰਬ-ਵਿਆਪਕ ਪ੍ਰਭੂ ਦੀ ਸਿਫ਼ਤਿ ਸਾਲਾਹ) ਦੀ ਬਰਕਤਿ ਨਾਲ ਮਨੁੱਖ ਨੂੰ ਵਿਕਾਰਾਂ ਤੋਂ ਖਲਾਸੀ ਪ੍ਰਾਪਤ ਹੁੰਦੀ ਹੈ ਤੇ ਸਭ ਤੋਂ ਉੱਚੀ

ਆਤਮਕ ਅਵਸਥਾ ਹਾਸਲ ਹੁੰਦੀ ਹੈ—ਅਜੇਹਾ ਗਿਆਨ ਕੋਈ ਵਿਰਲਾ (ਗੁਰਮੁਖਿ) ਵਿਚਾਰਦਾ ਹੈ । ੧ । ਰਹਾਉ ।

ਦਿਨ (ਦੇ ਚਾਨਣ) ਵਿਚ ਰਾਤ (ਦਾ ਹਨੇਰਾ) ਲੀਨ ਹੋ ਜਾਂਦਾ ਹੈ, ਰਾਤ (ਦੇ ਹਨੇਰੇ) ਵਿਚ ਸੂਰਜ (ਦਾ ਚਾਨਣ) ਮੁੱਕ ਜਾਂਦਾ ਹੈ । ਇਹੀ ਹਾਲਤ ਹੈ ਗਰਮੀ ਦੀ ਤੇ ਠੰਢ ਦੀ (ਕਦੇ ਗਰਮੀ ਹੈ ਕਦੇ ਠੰਢ, ਕਿਤੇ ਗਰਮੀ ਹੈ ਕਿਤੇ ਠੰਢ)—(ਇਹ ਸਾਰੀ ਖੇਡ ਉਸ ਪਰਮਾਤਮਾ ਦੀ ਕੁਦਰਤਿ ਦੀ ਹੈ) । ਉਹ ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ ਹੈ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਨਹੀਂ ਜਾਣਦਾ । ਗੁਰੂ ਤੋਂ ਬਿਨਾ ਇਹ ਸਮਝ ਨਹੀਂ ਆਉਂਦੀ (ਕਿ ਅਕਾਲਪੁਰਖ ਬੇਅੰਤ ਹੈ ਤੇ ਅਕੱਥ ਹੈ) । ੨ ।

ਹੇ ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲੇ ! ਵੇਖ ਅਚਰਜ ਖੇਡ ਕਿ ਮਨੁੱਖਾਂ ਦੇ ਵੀਰਜ ਤੋਂ ਇਸਤ੍ਰੀਆਂ ਪੈਦਾ ਹੁੰਦੀਆਂ ਹਨ ਤੇ ਇਸਤ੍ਰੀਆਂ ਤੋਂ ਮਨੁੱਖ ਜੰਮਦੇ ਹਨ । ਪਰਮਾਤਮਾ ਦੀ ਕੁਦਰਤਿ ਦੀ ਕਹਾਣੀ ਬਿਆਨ ਨਹੀਂ ਹੋ ਸਕਦੀ । ਪਰ ਜੇਹੜਾ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ ਉਹ ਪ੍ਰਭੂ ਦੀ ਸਿਫ਼ਤਿਸਾਲਾਹ ਦੀ ਬਾਣੀ ਵਿਚ ਆਪਣੀ ਸੁਰਤਿ ਜੋੜਦਾ ਹੈ ਤੇ ਉਸ ਸੁਰਤਿ ਵਿਚੋਂ ਪਰਮਾਤਮਾ ਨਾਲ ਜਾਣ-ਪਛਾਣ ਪਾ ਲੈਂਦਾ ਹੈ । ੩ ।

ਹੇ ਨਾਨਕ ! (ਆਖ—) ਮੈਂ ਉਹਨਾਂ ਗੁਰਮੁਖਾਂ ਤੋਂ ਕੁਰਬਾਨ ਹਾਂ ਜਿਨ੍ਹਾਂ ਨੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਵਿਚ ਸੁਰਤਿ ਜੋੜੀ ਹੈ । ਉਹਨਾਂ ਦੇ ਮਨ ਵਿਚ ਅਕਾਲਪੁਰਖ ਦੀ ਜੋਤਿ ਪਰਗਟ ਹੋ ਜਾਂਦੀ ਹੈ, ਪਰਮਾਤਮਾ ਦੀ ਯਾਦ ਵਿਚ ਉਹਨਾਂ ਦਾ ਮਨ ਸਦਾ ਲੀਨ ਰਹਿੰਦਾ ਹੈ, ਉਹਨਾਂ ਦੇ ਪੰਜੇ ਗਿਆਨ-ਇੰਦ੍ਰੇ ਇਕੋ ਇਸ਼ਟ ਵਾਲੇ ਹੋ ਕੇ ਭਟਕਣੋਂ ਹਟ ਜਾਂਦੇ ਹਨ । ੪ । ੬ ।

ਰਾਮਕਲੀ ਮਹਲਾ ੧ ॥ ਜਾ ਹਰਿ ਪ੍ਰਭਿ ਕਿਰਪਾ ਧਾਰੀ ॥ ਤਾ ਹਉਮੈ ਵਿਚਹੁ ਮਾਰੀ ॥ ਸੋ ਸੇਵਕਿ ਰਾਮ ਪਿਆਰੀ ॥ ਜੋ ਗੁਰ ਸਬਦੀ ਬੀਚਾਰੀ ॥ ੧ ॥ ਸੋ ਹਰਿ ਜਨੁ ਹਰਿ ਪ੍ਰਭ ਭਾਵੈ ॥ ਅਹਿਨਿਸਿ ਭਗਤਿ ਕਰੇ ਦਿਨੁ ਰਾਤੀ ਲਾਜ ਛੋਡਿ ਹਰਿ ਕੇ ਗੁਣ ਗਾਵੈ ॥ ੧ ॥ ਰਹਾਉ ॥ ਧੁਨਿ ਵਾਜੇ ਅਨਹਦ ਘੋਰਾ ॥ ਮਨੁ ਮਾਨਿਆ ਹਰਿ ਰਸਿ ਮੋਰਾ ॥ ਗੁਰ ਪੂਰੈ ਸਚੁ ਸਮਾਇਆ ॥ ਗੁਰੁ ਆਦਿ ਪੁਰਖੁ ਹਰਿ ਪਾਇਆ ॥੨॥ ਸਭਿ ਨਾਦ ਬੇਦ ਗੁਰਬਾਣੀ ॥ ਮਨੁ ਰਾਤਾ ਸਾਰਿਗਪਾਣੀ ॥ ਤਹ ਤੀਰਥ ਵਰਤ ਤਪ ਸਾਰੇ ॥ ਗੁਰ ਮਿਲਿਆ ਹਰਿ ਨਿਸਤਾਰੇ ॥ ੩ ॥ ਜਹ ਆਪੁ ਗਇਆ ਭਉ ਭਾਗਾ ॥ ਗੁਰ ਚਰਣੀ ਸੇਵਕੁ ਲਾਗਾ ॥ਗੁਰ ਸਤਿਗੁਰਿ ਭਰਮੁ ਚੁਕਾਇਆ॥

ਕਹੁ ਨਾਨਕ ਸਬਦਿ ਮਿਲਾਇਆ ॥ ੪ ॥ ੧੦ ॥ [ਪੰਨਾ ੮੭੯]

ਪਦ ਅਰਥ :–ਜਾ–ਜਦੋਂ । ਪ੍ਰਭਿ–ਪ੍ਰਭੂ ਨੇ । ਤਾ–ਤਦੋਂ । ਸੇਵਕਿ–ਦਾਸੀ । ਗੁਰ ਸਬਦੀ–ਗੁਰੂ ਦੇ ਸ਼ਬਦ ਵਿਚ ਜੁੜ ਕੇ । ਬੀਚਾਰੀ–ਵਿਚਾਰਵਾਨ, ਚੰਗੇ ਮੰਦੇ ਦੀ ਪਰਖ ਕਰਨ ਜੋਗੀ । ੧ ।

ਜਨੁ–ਦਾਸ । ਪ੍ਰਭ ਭਾਵੈ–ਪ੍ਰਭੂ ਨੂੰ ਪਿਆਰਾ ਲੱਗਦਾ ਹੈ । ਅਹਿ–ਦਿਨ । ਨਿਸਿ–ਰਾਤ । ਲਾਜ–ਲੋਕ-ਲਾਜ । ਛੋਡਿ–ਛੱਡ ਕੇ । ੧ । ਰਹਾਉ ।

ਧੁਨਿ--ਆਵਾਜ਼, ਮਿੱਠੀ ਸੁਰ । ਅਨਹਦ–[ਅਨ ਹਦ, ਅਨ ਹਤ, ਬਿਨਾ ਵਜਾਇਆਂ ਵੱਜਣ ਵਾਲੇ] ਇਕ-ਰਸ, ਲਗਾਤਾਰ । ਘੋਰਾ–ਗੰਭੀਰ । ਰਸਿ–ਰਸ ਵਿਚ, ਆਨੰਦ ਵਿਚ । ਮੋਰਾ–ਮੇਰਾ । ਗੁਰ ਪੂਰੈ–ਪੂਰੇ ਗੁਰੂ ਦੀ ਰਾਹੀਂ । ਸਚੁ–ਸਦਾ ਥਿਰ ਰਹਿਣ ਵਾਲਾ ਪ੍ਰਭੂ । ੨ ।

ਸਭਿ–ਸਾਰੇ । ਨਾਦ–ਜੋਗੀਆਂ ਦੇ ਸਿੰਙੀ ਆਦਿਕ ਵਾਜੇ । ਬੇਦ–ਹਿੰਦੂ ਮਤ ਦੇ ਧਰਮ-ਪੁਸਤਕ । ਸਾਰਿਗਪਾਣੀ–ਪਰਮਾਤਮਾ । ਤਹ–ਉਥੇ, ਉਸ ਆਤਮਕ ਅਵਸਥਾ ਵਿਚ । ਗੁਰ ਮਿਲਿਆ–(ਜੋ ਮਨੁੱਖ) ਗੁਰੂ ਨੂੰ ਮਿਲ ਪਿਆ । ੩ ।

ਜਹ–ਜਿਸ ਹਿਰਦੇ ਵਿਚੋਂ । ਆਪੁ–ਆਪਾ-ਭਾਵ । ਗੁਰਿ–ਗੁਰੂ ਨੇ । ਸਤਿਗੁਰਿ–ਸਤਿਗੁਰ ਨੇ । ਭਰਮੁ–ਭਟਕਣਾ । ਸਬਦਿ–ਗੁਰੂ ਦੇ ਸ਼ਬਦ ਵਿਚ । ੪ ।

ਅਰਥ :–ਪਰਮਾਤਮਾ ਦਾ ਉਹ ਸੇਵਕ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ ਜੋ ਲੋਕ-ਲਾਜ (ਹਉਮੈ) ਛੱਡ ਕੇ ਦਿਨ ਰਾਤ ਹਰ ਵੇਲੇ ਪਰਮਾਤਮਾ ਦੀ ਭਗਤੀ ਕਰਦਾ ਹੈ, ਪਰਮਾਤਮਾ ਦੇ ਗੁਣ ਗਾਂਦਾ ਹੈ । ੧ । ਰਹਾਉ ।

(ਪਰ ਲੋਕ-ਲਾਜ ਛੱਡਣੀ ਕੋਈ ਸੌਖੀ ਖੇਡ ਨਹੀਂ) ਜਦੋਂ ਹਰਿ ਪ੍ਰਭੂ ਨੇ ਆਪ (ਕਿਸੇ ਜੀਵ ਉਤੇ) ਮੇਹਰ ਕੀਤੀ, ਤਦੋਂ ਹੀ ਜੀਵ ਨੇ ਆਪਣੇ ਅੰਦਰੋਂ ਹਉਮੈ ਦੂਰ ਕੀਤੀ। ਗੁਰੂ ਦੇ ਸ਼ਬਦ ਵਿਚ ਜੁੜ ਕੇ ਜੇਹੜੀ (ਜਿੰਦ-) ਦਾਸੀ ਵਿਚਾਰਵਾਨ ਹੋ ਗਈ (ਤੇ ਆਪਣੇ ਅੰਦਰੋਂ ਹਉਮੈ ਲੋਕ-ਲਾਜ ਮਾਰ ਸਕੀ) ਉਹ ਦਾਸੀ ਪਰਮਾਤਮਾ ਨੂੰ ਚੰਗੀ ਲੱਗਣ ਲੱਗ ਪਈ । ੧ ।

(ਮੇਰੇ ਉਤੇ ਗੁਰੂ ਨੇ ਮੇਹਰ ਕੀਤੀ, ਮੇਰਾ ਮਨ ਗੁਰੂ ਦੇ ਸ਼ਬਦ ਵਿਚ ਜੁੜਿਆ, ਅੰਦਰ ਐਸਾ ਆਨੰਦ ਬਣਿਆ, ਮਾਨੋ,) ਇੱਕ-ਰਸ ਵੱਜ ਰਹੇ ਵਾਜਿਆਂ ਦੀ ਗੰਭੀਰ ਮਿੱਠੀ ਸੁਰ ਸੁਣਾਈ ਦੇਣ ਲੱਗ ਪਈ । ਮੇਰਾ ਮਨ ਪਰਮਾਤਮਾ ਦੀ ਸਿਫਤਿ ਸਾਲਾਹ ਦੇ ਸੁਆਦ ਵਿਚ ਮਗਨ ਹੋ ਗਿਆ ਹੈ । ਪੂਰੇ ਗੁਰੂ ਦੀ ਰਾਹੀਂ ਸਦਾ ਥਿਰ ਰਹਿਣ ਵਾਲਾ ਪ੍ਰਭੂ (ਮੇਰੇ ਮਨ ਵਿਚ) ਰਚ ਗਿਆ ਹੈ, ਮੈਨੂੰ ਸਭ ਤੋਂ ਵੱਡੀ ਹਸਤੀ ਵਾਲਾ ਸਭ ਦਾ

ਮੁੱਢ ਸਭ ਵਿਚ ਵਿਆਪਕ ਪ੍ਰਭੂ ਮਿਲ ਪਿਆ ਹੈ। ੨।

ਗੁਰੂ ਦੀ ਬਾਣੀ ਦੀ ਰਾਹੀਂ ਜਿਸ ਮਨੁੱਖ ਦਾ ਮਨ ਪਰਮਾਤਮਾ (ਦੇ ਪਿਆਰ) ਵਿਚ ਰੰਗਿਆ ਜਾਂਦਾ ਹੈ ਉਸ ਨੂੰ ਜੋਗੀਆਂ ਦੇ ਸਿੰਙੀ ਆਦਿਕ ਸਾਰੇ ਵਾਜੇ ਤੇ ਹਿੰਦੂ ਮਤ ਦੇ ਵੇਦ ਆਦਿਕ ਧਰਮ-ਪੁਸਤਕ ਸਭ ਗੁਰੂ ਦੀ ਬਾਣੀ ਵਿਚ ਹੀ ਆ ਜਾਂਦੇ ਹਨ (ਭਾਵ, ਗੁਰਬਾਣੀ ਦੇ ਟਾਕਰੇ ਤੇ ਉਸ ਨੂੰ ਇਹਨਾਂ ਦੀ ਲੋੜ ਨਹੀਂ ਰਹਿ ਜਾਂਦੀ)। (ਜਿਸ ਆਤਮਕ ਅਵਸਥਾ ਵਿਚ ਉਹ ਪਹੁੰਚਦਾ ਹੈ) ਉਥੇ ਸਾਰੇ ਤੀਰਥ-ਇਸ਼ਨਾਨ ਸਾਰੇ ਵਰਤ ਤੇ ਤਪ ਭੀ ਉਸ ਨੂੰ ਮਿਲਿਆਂ ਬਰਾਬਰ ਹੋ ਜਾਂਦੇ ਹਨ। ਜੇਹੜਾ ਮਨੁੱਖ ਗੁਰੂ ਨੂੰ ਮਿਲ ਪੈਂਦਾ ਹੈ ਉਸ ਨੂੰ ਪਰਮਾਤਮਾ (ਸੰਸਾਰ-ਸਮੁੰਦਰ ਵਿਚੋਂ) ਪਾਰ ਲੰਘਾ ਲੈਂਦਾ ਹੈ। ੩।

ਜਿਸ ਹਿਰਦੇ ਵਿਚੋਂ ਆਪਾ-ਭਾਵ ਦੂਰ ਹੋ ਗਿਆ, ਉਥੋਂ ਹੋਰ ਸਭ ਡਰ-ਸਹਿਮ ਭੱਜ ਗਿਆ, ਉਹ ਸੇਵਕ ਗੁਰੂ ਦੇ ਚਰਨਾਂ ਵਿਚ ਹੀ ਲੀਨ ਹੋ ਗਿਆ। ਹੇ ਨਾਨਕ! ਆਖ—ਜਿਸ ਮਨੁੱਖ ਨੂੰ ਗੁਰੂ ਨੇ ਆਪਣੇ ਸ਼ਬਦ ਵਿਚ ਜੋੜ ਲਿਆ, ਉਸ ਦੀ (ਮਾਇਆ ਆਦਿਕ ਵਲ ਦੀ ਸਾਰੀ) ਭਟਕਣਾ ਗੁਰੂ ਨੇ ਦੂਰ ਕਰ ਦਿੱਤੀ। ੪। ੧੦।

ਰਾਮਕਲੀ ਮਹਲਾ ੧ ॥ ਛਾਦਨੁ ਭੋਜਨੁ ਮਾਗਤੁ ਭਾਗੈ ॥ ਖੁਧਿਆ ਦੁਸਟ ਜਲੈ ਦੁਖੁ ਆਗੈ ॥ ਗੁਰਮਤਿ ਨਹੀ ਲੀਨੀ ਦੁਰਮਤਿ ਪਤਿ ਖੋਈ ॥ ਗੁਰਮਤਿ ਭਗਤਿ ਪਾਵੈ ਜਨੁ ਕੋਈ ॥੧॥ ਜੋਗੀ ਜੁਗਤਿ ਸਹਜਿ ਘਰਿ ਵਾਸੈ॥ ਏਕ ਦ੍ਰਿਸਟਿ ਏਕੋ ਕਰਿ ਦੇਖਿਆ ਭੀਖਿਆ ਭਾਇ ਸਬਦਿ ਤ੍ਰਿਪਤਾਸੈ ॥ ੧ ॥ ਰਹਾਉ ॥ ਪੰਚ ਬੈਲ ਗਡੀਆ ਦੇਹ ਧਾਰੀ॥ਰਾਮ ਕਲਾ ਨਿਬਹੈ ਪਤਿ ਸਾਰੀ ॥ ਧਰ ਤੂਟੀ ਗਾਡੋ ਸਿਰ ਭਾਰਿ॥ ਲਕਰੀ ਬਿਖਰਿ ਜਰੀ ਮੰਝ ਭਾਰਿ॥ ੨॥ ਗੁਰ ਕਾ ਸਬਦੁ ਵੀਚਾਰਿ ਜੋਗੀ ॥ ਦੁਖੁ ਸੁਖੁ ਸਮ ਕਰਣਾ ਸੋਗ ਬਿਓਗੀ ॥ ਭੁਗਤਿ ਨਾਮੁ ਗੁਰ ਸਬਦਿ ਬੀਚਾਰੀ ॥ ਅਸਥਿਰੁ ਕੰਧੁ ਜਪੈ ਨਿਰੰਕਾਰੀ ॥ ੩ ॥ ਸਹਜ ਜਗੋਟਾ ਬੰਧਨ ਤੇ ਛੂਟਾ ॥ ਕਾਮੁ ਕ੍ਰੋਧੁ ਗੁਰ ਸਬਦੀ ਲੂਟਾ॥ ਮਨ ਮਹਿ ਮੁੰਦ੍ਰਾ ਹਰਿ ਗੁਰ ਸਰਣਾ॥ਨਾਨਕ ਰਾਮ ਭਗਤਿ ਜਨ ਤਰਣਾ ॥੪॥੧੧॥ [ਪੰਨਾ ੯੭੯]

ਪਦ ਅਰਥ :—ਛਾਦਨੁ—ਕੱਪੜਾ। ਮਾਗਤੁ ਭਾਗੈ—ਮੰਗਦਾ ਫਿਰਦਾ ਹੈ। ਖੁਧਿਆ—ਭੁੱਖ। ਦੁਸ਼ਟ—ਭੈੜੀ, ਚੰਦਰੀ। ਆਗੈ—ਪਰ ਲੋਕ ਵਿਚ। ਪਤਿ—ਇੱਜ਼ਤ। ਖੋਈ—ਗਵਾ ਲਈ। ਜਨੁ ਕੋਈ—ਕੋਈ ਵਿਰਲਾ ਮਨੁੱਖ। ੧।

ਜੋਗੀ ਜੁਗਤਿ—ਅਸਲ ਜੋਗੀ ਦੀ ਰਹਿਤ-ਬਹਿਤ। ਸਹਜ—ਅਡੋਲਤਾ, ਸ਼ਾਂਤੀ। ਸਹਜ ਘਰਿ—ਸ਼ਾਂਤੀ ਦੇ ਘਰ ਵਿਚ। ਦ੍ਰਿਸਟੀ—ਨਜ਼ਰ, ਨਿਗਾਹ। ਏਕੋ ਕਰਿ—ਇਕ ਪਰ-

ਮਾਤਮਾ ਨੂੰ ਹੀ ਵਿਆਪਕ ਮੰਨ ਕੇ। ਭੀਖਿਆ–ਭਿੱਛਿਆ (ਨਾਲ)। ਭਾਇ–ਪ੍ਰੇਮ ਨਾਲ। ਭੀਖਿਆ ਭਾਇ–ਪ੍ਰਭੂ-ਪਿਆਰ ਦੀ ਭਿੱਛਿਆ ਨਾਲ। ਸਬਦਿ–(ਗੁਰੂ ਦੇ) ਸ਼ਬਦ ਵਿਚ (ਜੁੜ ਕੇ)। ਤ੍ਰਿਪਤਾਸੈ–(ਆਤਮਕ) ਭੁੱਖ ਮਿਟਾਂਦਾ ਹੈ, ਰੱਜਦਾ ਹੈ। ੧। ਰਹਾਉ।

ਪੰਚ ਬੈਲ–(ਪੰਜ ਗਿਆਨ ਇੰਦ੍ਰੇ, ਮਾਨੋ,) ਪੰਜ ਬੈਲ ਹਨ। ਗਡੀਆ ਦੇਹ–ਸਰੀਰ-ਗੱਡਾ। ਧਾਰੀ–ਆਸਰਾ ਦਿੱਤਾ ਹੋਇਆ ਹੈ, ਚਲਾ ਰਹੇ ਹਨ। ਰਾਮ ਕਲਾ–(ਸਰਬ ਵਿਆਪਕ) ਪ੍ਰਭੂ ਦੀ ਸੱਤਿਆ ਨਾਲ, ਜਦ ਤਕ ਸਰਬ-ਵਿਆਪਕ ਪ੍ਰਭੂ ਦੀ-ਜੋਤਿ ਮੌਜੂਦ ਹੈ। ਨਿਬਹੈ–ਕਾਇਮ ਰਹਿੰਦੀ ਹੈ, ਬਣੀ ਰਹਿੰਦੀ ਹੈ। ਪਤਿ–ਇੱਜ਼ਤ, ਆਦਰ। ਧਰ–ਧੁਰਾ, ਆਸਰਾ। ਸਿਰ ਭਾਰਿ–ਸਿਰ ਪਰਨੇ (ਹੋ ਜਾਂਦਾ ਹੈ), ਡਿੱਗ ਪੈਂਦਾ ਹੈ, ਨਕਾਰਾ ਹੋ ਜਾਂਦਾ ਹੈ। ਬਿਖਰਿ–ਖਿੱਲਰ ਕੇ, ਸੱਤਿਆ ਹੀਨ ਹੋ ਕੇ। ਜਰੀ–(ਗੱਡੀ) ਸੜ ਜਾਂਦੀ ਹੈ। ਮੰਝ–ਵਿਚਲੇ, ਗੱਡੇ ਵਿਚਲੇ, ਗੱਡੇ ਵਿਚ ਲੱਦੇ ਹੋਏ। ਭਾਰਿ–ਭਾਰ ਹੇਠ।੨।

ਜੋਗੀ–ਹੇ ਜੋਗੀ ! ਸਮ–ਬਰਾਬਰ, ਇਕੋ ਜਿਹਾ। ਸੋਗ–ਕਿਸੇ ਦੀ ਮੌਤ ਆਦਿਕ ਦਾ ਗ਼ਮ, ਨਿਰਾਸਤਾ-ਭਰਿਆ ਗ਼ਮ। ਬਿਓਗ–ਵਿਛੋੜੇ ਵਿਚ ਬਿਰਹੋਂ, ਮਿਲਨ ਦੀ ਤਾਂਘ, ਆਸ ਨਾਲ ਮਿਲਿਆ ਹੋਇਆ ਦੁੱਖ। ਭੁਗਤਿ–ਚੂਰਮਾ, ਜੋਗੀਆਂ ਦਾ ਭੰਡਾਰਾ, ਭੋਜਨ। ਗੁਰ ਸਬਦਿ–ਗੁਰੂ ਦੇ ਸ਼ਬਦ ਦੀ ਰਾਹੀਂ। ਅਸਥਿਰੁ–ਥਿਰ, ਟਿਕਵਾਂ। ਕੰਧੁ–ਸਰੀਰ, (ਇੰਦ੍ਰੇ)। ੩।

ਜਗੋਟਾ–ਲੱਕ ਦੁਆਲੇ ਬੰਨ੍ਹਣ ਲਈ ਉੱਨ ਦਾ ਰੱਸਾ, ਉੱਨ ਦੀਆਂ ਰੱਸੀਆਂ ਦਾ ਗੁੰਦ ਕੇ ਬਣਾਇਆ ਹੋਇਆ ਰੱਸਾ ਜੋ ਫ਼ਕੀਰ ਲੱਕ ਦੁਆਲੇ ਬੰਨ੍ਹਦੇ ਹਨ। ੪।

ਅਰਥ :–ਅਸਲ ਜੋਗੀ ਦੀ ਰਹਿਤ-ਬਹਿਤ ਇਹ ਹੈ ਕਿ ਉਹ ਅਡੋਲਤਾ ਦੇ ਘਰ ਵਿਚ ਟਿਕਿਆ ਰਹਿੰਦਾ ਹੈ (ਉਸ ਦਾ ਮਨ ਸਦਾ ਸ਼ਾਂਤ ਰਹਿੰਦਾ ਹੈ)। ਉਹ ਸਮਾਨ ਨਿਗਾਹ ਨਾਲ (ਸਭ ਜੀਵਾਂ ਵਿਚ) ਇੱਕ ਪਰਮਾਤਮਾ ਨੂੰ ਹੀ ਰਮਿਆ ਹੋਇਆ ਵੇਖਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਪ੍ਰੇਮ-ਭਿੱਛਿਆ ਨਾਲ ਆਪਣੀ (ਆਤਮਕ) ਭੁੱਖ ਮਿਟਾਂਦਾ ਹੈ (ਆਪਣੇ ਮਨ ਨੂੰ ਤ੍ਰਿਸ਼ਨਾ ਵਲੋਂ ਬਚਾਈ ਰੱਖਦਾ ਹੈ)। ੧। ਰਹਾਉ।

(ਪਰ ਜੇਹੜਾ ਜੋਗੀ) ਅੰਨ ਬਸਤ੍ਰ (ਹੀ) ਮੰਗਦਾ ਫਿਰਦਾ ਹੈ, ਇਥੇ ਚੰਦਰੀ ਭੁੱਖ (ਦੀ ਅੱਗ) ਵਿਚ ਸੜਦਾ ਰਹਿੰਦਾ ਹੈ (ਕੋਈ ਆਤਮਕ ਪੂੰਜੀ ਤਾਂ ਬਣਾਂਦਾ ਹੀ ਨਹੀਂ, ਇਸ ਵਾਸਤੇ) ਅਗਾਂਹ (ਪਰ ਲੋਕ ਵਿਚ ਭੀ) ਦੁੱਖ ਪਾਂਦਾ ਹੈ। ਜਿਸ (ਜੋਗੀ) ਨੇ ਗੁਰੂ ਦੀ ਮਤਿ ਨਾਂਹ ਲਈ ਉਸ ਨੇ ਭੈੜੀ ਮੱਤੇ ਲੱਗ ਕੇ ਆਪਣੀ ਇੱਜ਼ਤ ਗਵਾ ਲਈ।

ਕੋਈ ਕੋਈ (ਵਡ-ਭਾਗੀ) ਮਨੁੱਖ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਪਰਮਾਤਮਾ ਦੀ ਭਗਤੀ ਦਾ ਲਾਹਾ ਖੱਟਦਾ ਹੈ। ੧।

ਮਨੁੱਖਾ ਸਰੀਰ, ਮਾਨੋ, ਇਕ ਨਿੱਕਾ ਜਿਹਾ ਗੱਡਾ ਹੈ ਜਿਸ ਨੂੰ ਪੰਜ (ਗਿਆਨ-ਇੰਦ੍ਰੇ) ਬੈਲ ਚਲਾ ਰਹੇ ਹਨ। ਜਿਤਨਾ ਚਿਰ ਇਸ ਵਿਚ ਸਰਬ-ਵਿਆਪਕ ਪ੍ਰਭੂ ਦੀ ਜੋਤਿ-ਸੱਤਾ ਮੌਜੂਦ ਹੈ, ਇਸ ਦਾ ਸਾਰਾ ਆਦਰ ਬਣਿਆ ਰਹਿੰਦਾ ਹੈ। (ਜਿਵੇਂ) ਜਦੋਂ ਗੱਡੇ ਦਾ ਧੁਰਾ ਟੁੱਟ ਜਾਂਦਾ ਹੈ ਤਾਂ ਗੱਡਾ ਸਿਰ-ਪਰਨੇ ਹੋ ਜਾਂਦਾ ਹੈ(ਨਕਾਰਾ ਹੋ ਜਾਂਦਾ ਹੈ), ਉਸ ਦੀਆਂ ਲੱਕੜਾਂ ਖਿਲਰ ਜਾਂਦੀਆਂ ਹਨ (ਉਸ ਦੇ ਅੰਗ ਵਖ ਵਖ ਹੋ ਜਾਂਦੇ ਹਨ), ਉਹ ਆਪਣੇ ਵਿਚਲੇ ਲੱਦੇ ਹੋਏ ਭਾਰ ਹੇਠ ਹੀ ਦੱਬਿਆ ਪਿਆ ਗਲ-ਸੜ ਜਾਂਦਾ ਹੈ (ਤਿਵੇਂ ਜਦੋਂ ਗੁਰ-ਸ਼ਬਦ ਦੀ ਅਗਵਾਈ ਤੋਂ ਬਿਨਾ ਗਿਆਨ-ਇੰਦ੍ਰੇ ਆਪ-ਹੁਦਰੇ ਹੋ ਜਾਂਦੇ ਹਨ, ਮਨੁੱਖਾ ਜੀਵਨ ਦੀ ਪੱਧਰੀ ਚਾਲ ਉਲਟ-ਪੁਲਟ ਹੋ ਜਾਂਦੀ ਹੈ, ਸਿਮਰਨ-ਰੂਪ ਧੁਰਾ ਟੁੱਟ ਜਾਂਦਾ ਹੈ, ਆਤਮਕ ਜੀਵਨ ਢਹਿ ਪੈਂਦਾ ਹੈ, ਆਪਣੇ ਹੀ ਕੀਤੇ ਹੋਏ ਕੁਕਰਮਾਂ ਦੇ ਭਾਰ ਹੇਠ ਮਨੁੱਖਾ ਜੀਵਨ ਦੀ ਤਬਾਹੀ ਹੋ ਜਾਂਦੀ ਹੈ)। (ਜੋਗੀ ਇਸ ਭੇਤ ਨੂੰ ਸਮਝਣ ਦੇ ਥਾਂ ਜੋਗ-ਮਤ ਦੇ ਜਗੋਟਾ ਮੁੰਦ੍ਰਾਂ ਆਦਿਕ ਬਾਹਰਲੇ ਚਿੰਨ੍ਹਾਂ ਵਿਚ ਹੀ ਟਿਕਿਆ ਰਹਿੰਦਾ ਹੈ)। ੨।

ਹੇ ਜੋਗੀ! ਤੂੰ ਗੁਰੂ ਦੇ ਸ਼ਬਦ ਨੂੰ ਸਮਝ (ਉਸ ਸ਼ਬਦ ਦੀ ਅਗਵਾਈ ਵਿਚ) ਦੁਖ ਸੁਖ ਨੂੰ, ਨਿਰਾਸਤਾ-ਭਰੇ ਗ਼ਮ ਅਤੇ ਆਸਾਂ-ਭਰੇ ਦੁੱਖ ਨੂੰ ਇੱਕ-ਸਮਾਨ ਸਹਾਰਨ (ਦੀ ਜਾਚ ਸਿੱਖ)। ਗੁਰੂ ਦੇ ਸ਼ਬਦ ਵਿਚ ਜੁੜ ਕੇ ਪ੍ਰਭੂ ਦੇ ਨਾਮ ਨੂੰ ਚਿੱਤ ਵਿਚ ਵਸਾ—ਇਹ ਤੇਰਾ ਭੰਡਾਰਾ ਬਣੇ (ਇਹ ਤੇਰੇ ਆਤਮਾ ਦੀ ਖ਼ੁਰਾਕ ਬਣੇ)। ਨਿਰੰਕਾਰ ਦਾ ਨਾਮ ਜਪ, (ਇਸ ਦੀ ਬਰਕਤਿ ਨਾਲ) ਗਿਆਨ ਇੰਦ੍ਰੇ ਵਿਕਾਰਾਂ ਵਲ ਡੋਲਣੋਂ ਬਚੇ ਰਹਿਣਗੇ। ੩।

ਜਿਸ ਜੋਗੀ ਨੇ ਮਨ ਦੀ ਅਡੋਲਤਾ ਨੂੰ ਆਪਣੇ ਲੱਕ ਨਾਲ ਬੰਨ੍ਹਣ ਵਾਲਾ ਉੱਨ ਦਾ ਰੱਸਾ ਬਣਾ ਲਿਆ ਹੈ, ਉਹ ਮਾਇਆ ਦੇ ਬੰਧਨਾਂ ਤੋਂ ਬਚ ਗਿਆ ਹੈ; ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਨੇ ਕਾਮ ਕ੍ਰੋਧ (ਆਦਿਕ) ਨੂੰ ਵੱਸ ਵਿਚ ਕਰ ਲਿਆ ਹੈ। ਜੇਹੜਾ ਜੋਗੀ ਪਰਮਾਤਮਾ ਦੀ ਸਰਨ ਗੁਰੂ ਦੀ ਸਰਨ ਪਿਆ ਰਹਿੰਦਾ ਹੈ ਉਸ ਨੇ (ਕੰਨਾਂ ਵਿਚ ਮੁੰਦ੍ਰਾਂ ਪਾਣ ਦੇ ਥਾਂ) ਮਨ ਵਿਚ ਮੁੰਦ੍ਰਾਂ ਪਾ ਲਈਆਂ ਹਨ (ਮਨ ਨੂੰ ਵਿਕਾਰਾਂ ਵਲੋਂ ਬਚਾ ਲਿਆ ਹੈ)। ਹੇ ਨਾਨਕ! (ਸੰਸਾਰ-ਸਮੁੰਦਰ ਦੇ ਵਿਕਾਰਾਂ ਦੇ ਹੜ੍ਹ ਵਿਚੋਂ) ਉਹੀ ਮਨੁੱਖ ਪਾਰ ਲੰਘਦੇ ਹਨ ਜੋ ਪਰਮਾਤਮਾ ਦੀ ਭਗਤੀ ਕਰਦੇ ਹਨ। ੪। ੧੧।

੧ ਓ ਸਤਿਗੁਰਪ੍ਰਸਾਦਿ ॥

ਰਾਮਕਲੀ ਮਹਲਾ ੩ ਘਰੁ ੧॥ ਸਤਜੁਗਿ ਸਚੁ ਕਹੈ ਸਭੁ ਕੋਈ॥ ਘਰਿ ਘਰਿ ਭਗਤਿ ਗੁਰਮੁਖਿ ਹੋਈ ॥ ਸਤਜੁਗਿ ਧਰਮੁ ਪੈਰ ਹੈ ਚਾਰਿ ॥ ਗੁਰਮੁਖਿ ਬੂਝੈ ਕੋ ਬੀਚਾਰਿ ॥੧॥ ਜੁਗ ਚਾਰੇ ਨਾਮਿ ਵਡਿਆਈ ਹੋਈ ॥ ਜਿ ਨਾਮਿ

ਲਾਗੈ ਸੋ ਮੁਕਤਿ ਹੋਵੈ ਗੁਰ ਬਿਨੁ ਨਾਮੁ ਨ ਪਾਵੈ ਕੋਈ ॥ ੧ ॥ ਰਹਾਉ ॥ ਤ੍ਰੇਤੈ ਇਕ ਕਲ ਕੀਨੀ ਦੂਰਿ ॥ ਪਾਖੰਡੁ ਵਰਤਿਆ ਹਰਿ ਜਾਣਨਿ ਦੂਰਿ ॥ ਗੁਰਮੁਖਿ ਬੂਝੈ ਸੋਝੀ ਹੋਈ ॥ ਅੰਤਰਿ ਨਾਮੁ ਵਸੈ ਸੁਖੁ ਹੋਈ ॥੨॥ ਦੁਆਪੁਰਿ ਦੂਜੈ ਦੁਬਿਧਾ ਹੋਇ ॥ ਭਰਮਿ ਭੁਲਾਨੇ ਜਾਣਹਿ ਦੋਇ ॥ ਦੁਆਪੁਰਿ ਧਰਮਿ ਦੁਇ ਪੈਰ ਰਖਾਏ ॥ ਗੁਰਮੁਖਿ ਹੋਵੈ ਤ ਨਾਮੁ ਦ੍ਰਿੜਾਏ ॥ ੩ ॥ ਕਲਜੁਗਿ ਧਰਮ ਕਲਾ ਇਕ ਰਹਾਏ ॥ ਇਕ ਪੈਰਿ ਚਲੈ ਮਾਇਆ ਮੋਹੁ ਵਧਾਏ ॥ ਮਾਇਆ ਮੋਹੁ ਅਤਿ ਗੁਬਾਰੁ ॥ ਸਤਗੁਰੁ ਭੇਟੈ ਨਾਮਿ ਉਧਾਰੁ ॥ ੪ ॥ ਸਭ ਜੁਗ ਮਹਿ ਸਾਚਾ ਏਕੋ ਸੋਈ ॥ ਸਭ ਮਹਿ ਸਚੁ ਦੂਜਾ ਨਹੀ ਕੋਈ ॥ ਸਾਚੀ ਕੀਰਤਿ ਸਚੁ ਸੁਖੁ ਹੋਈ ॥ ਗੁਰਮੁਖਿ ਨਾਮੁ ਵਖਾਣੈ ਕੋਈ ॥ ੫ ॥ ਸਭ ਜੁਗ ਮਹਿ ਨਾਮੁ ਊਤਮੁ ਹੋਈ ॥ ਗੁਰਮੁਖਿ ਵਿਰਲਾ ਬੂਝੈ ਕੋਈ ॥ ਹਰਿਨਾਮੁ ਧਿਆਏ ਭਗਤੁ ਜਨੁ ਸੋਈ ॥ ਨਾਨਕ ਜੁਗਿ ਜੁਗਿ ਨਾਮਿ ਵਡਿਆਈ ਹੋਈ॥ ੬ ॥ ੧ ॥ [ਪੰਨਾ ੯੮੦]

ਪਦ ਅਰਥ :–ਸਤਿਜੁਗਿ–ਸਤਜੁਗ ਵਿਚ । ਕਹੈ –ਆਖਦਾ ਹੈ । ਸਭੁ ਕੋਈ–ਹਰੇਕ ਜੀਵ । ਕਹੈ ਸਭੁ ਕੋਈ–ਹਰੇਕ ਜੀਵ ਆਖਦਾ ਹੈ, ਇਹ ਆਮ ਪ੍ਰਚਲਤ ਖ਼ਿਆਲ ਹੈ । ਘਰਿ ਘਰਿ–ਹਰੇਕ ਘਰ ਵਿਚ ('ਸਚੁ' ਪ੍ਰਧਾਨ ਹੈ) । ਗੁਰਮੁਖਿ–ਗੁਰੂ ਦੀ ਸਰਨ ਪੈ ਕੇ । ਪੈਰ ਹੈ ਚਾਰਿ–ਚਾਰ ਪੈਰਾਂ ਵਾਲਾ [ਨੋਟ ! ਆਮ ਲੋਕਾਂ ਵਿਚ ਇਹ ਖ਼ਿਆਲ ਬਣਿਆ ਹੋਇਆ ਹੈ ਕਿ ਧਰਤੀ ਨੂੰ ਬਲਦ ਨੇ ਚੁੱਕਿਆ ਹੋਇਆ ਹੈ ।ਗੁਰਮਤਿ ਅਨੁਸਾਰ 'ਧਰਮ' ਹੀ ਜਗਤ ਦਾ ਸਹਾਰਾ ਹੈ । 'ਧਰਮ' ਹੀ ਧਰਤੀ ਦਾ 'ਬਲਦ' ਹੈ] । ਕੋ–ਕੋਈ ਵਿਰਲਾ । ਬੀਚਾਰਿ–ਵਿਚਾਰ ਕਰ ਕੇ । ੧ ।

ਜੁਗ ਚਾਰੇ–ਚਹੁਆਂ ਜੁਗਾਂ ਵਿਚ । ਨਾਮਿ–ਨਾਮ ਦੀ ਰਾਹੀਂ । ਜਿ–ਜੇਹੜਾ ਮਨੁੱਖ । ਨਾਮਿ–ਨਾਮ ਵਿਚ । ਲਾਗੈ–ਲੱਗਦਾ ਹੈ । ੧ । ਰਹਾਉ ।

ਤ੍ਰੇਤੈ–ਤ੍ਰੇਤੇ ਜੁਗ ਵਿਚ । ਕਲ–ਕਲਾ ।ਵਰਤਿਆ–ਪ੍ਰਧਾਨ ਹੋ ਗਿਆ । ਜਾਣਨਿ–ਜਾਣਦੇ ਹਨ । ਸੋਝੀ–(ਅਸਲੀਅਤ ਦੀ) ਸਮਝ । ਅੰਤਰਿ–ਹਿਰਦੇ ਵਿਚ । ੨ ।

ਦੁਆਪੁਰਿ–ਦੁਆਪੁਰ ਵਿਚ । ਦੂਜੈ–ਦ੍ਵੈਤ-ਭਾਵ ਵਿਚ । ਦੁਬਿਧਾ–ਮੇਰ-ਤੇਰ । ਭਰਮਿ–ਭਟਕਣਾ ਵਿਚ । ਭੁਲਾਨੇ–ਕੁਰਾਹੇ ਪੈ ਗਏ । ਜਾਣਹਿ–ਜਾਣਦੇ ਹਨ । ਦੋਇ–ਮੇਰ-ਤੇਰ । ਧਰਮਿ–ਧਰਮ (-ਬਲਦ) ਨੇ । ਗੁਰਮੁਖਿ ਹੋਵੈ–(ਜਦੋਂ ਮਨੁੱਖ) ਗੁਰੂ ਦੇ ਸਨਮੁਖ ਹੁੰਦਾ ਹੈ । ਤ–ਤਦੋਂ । ਦ੍ਰਿੜਾਏ–ਹਿਰਦੇ ਵਿਚ ਪੱਕਾ ਕਰਦਾ ਹੈ । ੩ ।

ਕਲਜੁਗਿ–ਕਲਜੁਗ ਵਿਚ । ਇਕ ਪੈਰਿ–ਇਕ ਪੈਰ ਨਾਲ । ਚਲੈ–(ਧਰਮ-

ਬਲਦ) ਤੁਰਦਾ ਹੈ । ਅਤਿ ਗੁਬਾਰੁ—ਘੁੱਪ ਹਨੇਰਾ । ਭੇਟੈ—ਮਿਲਦਾ ਹੈ । ਨਾਮਿ—ਨਾਮ ਦੀ ਰਾਹੀਂ । ਉਧਾਰੁ—ਪਾਰ-ਉਤਾਰਾ । ੪ ।

ਸਾਚਾ—ਸਦਾ ਕਾਇਮ ਰਹਿਣ ਵਾਲਾ । ਏਕੋ--ਇੱਕ ਹੀ । ਕੀਰਤਿ—ਸਿਫ਼ਤਿ ਸਾਲਾਹ । ਸਾਚੀ ਕੀਰਤਿ—ਸਦਾ ਕਾਇਮ ਰਹਿਣ ਵਾਲੀ ਸਿਫ਼ਤਿ ਸਾਲਾਹ । ਕੋਈ—ਜੇਹੜਾ ਮਨੁੱਖ । ੫ ।

ਜੁਗਿ ਜੁਗਿ—ਹਰੇਕ ਜੁਗ ਵਿਚ । ਨਾਮਿ—ਨਾਮ ਦੀ ਰਾਹੀਂ । ੬ ।

ਜ਼ਰੂਰੀ ਨੋਟ ! ਸ਼ਬਦ ਦਾ ਕੇਂਦਰੀ ਭਾਵ 'ਰਹਾਉ' ਦੀਆਂ ਤੁਕਾਂ ਵਿਚ ਹੁੰਦਾ ਹੈ । ਸਾਰੇ ਸ਼ਬਦ ਵਿਚ ਉਸ ਕੇਂਦਰੀ ਭਾਵ ਦੀ ਵਿਆਖਿਆ ਹੁੰਦੀ ਹੈ । ਇਸ ਸ਼ਬਦ ਦੇ ਕੇਂਦਰੀ ਭਾਵ ਨੂੰ ਗਹੁ ਨਾਲ ਵੇਖੋ । ਇਸ ਖ਼ਿਆਲ ਨੂੰ ਰੱਦ ਕੀਤਾ ਹੈ ਕਿ ਵਖ-ਵਖ ਜੁਗ ਵਿਚ ਵਖ-ਵਖ ਕਰਮ ਨੂੰ ਪ੍ਰਧਾਨਤਾ ਮਿਲਦੀ ਹੈ ।

ਅਰਥ :—ਹੇ ਭਾਈ ! ਚਹੁਆਂ ਹੀ ਜੁਗਾਂ ਵਿਚ ਜੀ ਨੂੰ (ਪਰਮਾਤਮਾ ਦੇ) ਨਾਮ ਵਿਚ ਜੁੜਨ ਕਰਕੇ ਹੀ ਇੱਜ਼ਤ ਮਿਲਦੀ ਹੈ । ਜੇਹੜਾ ਭੀ ਮਨੁੱਖ ਪ੍ਰਭੂ ਦੇ ਨਾਮ ਵਿਚ ਸੁਰਤਿ ਜੋੜਦਾ ਹੈ, ਉਸ ਨੂੰ ਵਿਕਾਰਾਂ ਤੋਂ ਖ਼ਲਾਸੀ ਮਿਲ ਜਾਂਦੀ ਹੈ । (ਪਰ ਇਹ ਭੀ ਯਾਦ ਰੱਖੋ ਕਿ) ਕੋਈ ਜੀਵ ਭੀ ਗੁਰੂ (ਦੀ ਸਰਨ) ਤੋਂ ਬਿਨਾ (ਪਰਮਾਤਮਾ ਦਾ ਨਾਮ) ਪ੍ਰਾਪਤ ਨਹੀਂ ਕਰ ਸਕਦਾ । ੧ । ਰਹਾਉ ।

ਹੇ ਭਾਈ ! ਇਹ ਆਮ ਪ੍ਰਚਲਤ ਖ਼ਿਆਲ ਹੈ ਕਿ ਸਤਜੁਗ ਵਿਚ ਸੱਚ (ਬੋਲਣ ਦੇ ਕਰਮ ਨੂੰ ਪ੍ਰਧਾਨਤਾ) ਹੈ, ਹਰੇਕ ਘਰ ਵਿਚ(ਸੱਚ ਬੋਲਣਾ ਹੀ ਪ੍ਰਧਾਨ ਹੈ), ਅਤੇ ਸਤਜੁਗ ਵਿਚ (ਧਰਤੀ ਨੂੰ ਸਹਾਰਾ ਦੇਣ ਵਾਲਾ) ਧਰਮ (-ਬਲਦ) ਚਾਰ ਪੈਰਾਂ ਵਾਲਾ ਰਹਿੰਦਾ ਹੈ (ਧਰਮ ਮੁਕੰਮਲ ਸਰੂਪ ਵਾਲਾ ਹੁੰਦਾ ਹੈ) । (ਪਰ, ਹੇ ਭਾਈ !) ਕੋਈ ਵਿਰਲਾ ਮਨੁੱਖ ਗੁਰੂ ਦੀ ਰਾਹੀਂ ਵਿਚਾਰ ਕਰ ਕੇ ਇਹ ਸਮਝਦਾ ਹੈ ਕਿ (ਸਤਜੁਗ ਵਿਚ ਭੀ) ਗੁਰੂ ਦੀ ਸਰਨ ਪੈ ਕੇ ਹੀ ਪ੍ਰਭੂ ਦੀ ਭਗਤੀ ਹੋ ਸਕਦੀ ਹੈ (ਅਤੇ ਸਤਜੁਗ ਵਿਚ ਭੀ ਪਰਮਾਤਮਾ ਦੀ ਭਗਤੀ ਹੀ ਪ੍ਰਧਾਨ ਕਰਮ ਹੈ) । ੧ ।

(ਹੇ ਭਾਈ ! ਇਹ ਆਮ ਪ੍ਰਚਲਤ ਖ਼ਿਆਲ ਹੈ ਕਿ) ਤ੍ਰੇਤੇ ਜੁਗ ਵਿਚ ਇਕ ਕਲਾ ਦੂਰ ਕਰ ਦਿੱਤੀ ਗਈ (ਧਰਮ-ਬਲਦ ਦਾ ਇੱਕ ਪੈਰ ਨਕਾਰਾ ਹੋ ਗਿਆ) । (ਜਗਤ ਵਿਚ) ਪਖੰਡ ਦਾ ਬੋਲ-ਬਾਲਾ ਹੋ ਗਿਆ, ਲੋਕ ਪਰਮਾਤਮਾ ਨੂੰ ਕਿਤੇ ਦੂਰ-ਵੱਸਦਾ ਸਮਝਣ ਲੱਗ ਪਏ । (ਪਰ, ਹੇ ਭਾਈ !) ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ (ਜੀਵਨ-ਜੁਗਤਿ ਦਾ) ਗਿਆਨ ਪ੍ਰਾਪਤ ਕਰਦਾ ਹੈ, ਉਸ ਨੂੰ ਸਮਝ ਆ ਜਾਂਦੀ ਹੈ (ਕਿ ਮਿਥੇ ਹੋਏ ਤ੍ਰੇਤੇ ਵਿਚ ਭੀ ਤਦੋਂ ਹੀ) ਸੁਖ ਮਿਲਦਾ ਹੈ ਜੇ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਵੱਸਦਾ ਹੋਵੇ । ੨ ।

(ਹੇ ਭਾਈ ! ਇਹ ਖ਼ਿਆਲ ਆਮ ਪ੍ਰਚਲਤ ਹੈ ਕਿ) ਦੁਆਪੁਰ ਜੁਗ ਵਿਚ ਲੋਕ ਦ੍ਵੈਤ ਵਿਚ ਫਸ ਗਏ, ਲੋਕਾਂ ਦੇ ਹਿਰਦੇ ਵਿਚ ਵਿਤਕਰਾ ਜ਼ੋਰ ਪਾ ਗਿਆ, ਭਟਕਣਾ ਵਿਚ ਪੈ ਕੇ ਲੋਕ ਕੁਰਾਹੇ ਪੈ ਗਏ, ਮੇਰ-ਤੇਰ ਨੂੰ ਹੀ (ਚੰਗੀ) ਜਾਣਨ ਲੱਗ ਪਏ,ਦੁਆਪੁਰ ਵਿਚ ਧਰਮ (-ਬਲਦ) ਨੇ (ਆਪਣੇ) ਦੋ ਹੀ ਪੈਰ ਟਿਕਾਏ ਹੋਏ ਸਨ। ਪਰ ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ ਉਹ (ਇਸ ਕੱਚੇ ਖ਼ਿਆਲ ਨੂੰ ਛੱਡ ਕੇ ਪਰਮਾਤਮਾ ਦਾ) ਨਾਮ ਆਪਣੇ ਹਿਰਦੇ ਵਿਚ ਪੱਕਾ ਬਿਠਾਂਦਾ ਹੈ। ੩।

(ਹੇ ਭਾਈ ! ਆਮ ਤੌਰ ਤੇ ਲੋਕ ਇਹੀ ਮੰਨਦੇ ਹਨ ਕਿ) ਕਲਜੁਗ ਵਿਚ ਧਰਮ ਦੀ ਇਕੋ ਕਲਾ ਰਹਿ ਗਈ ਹੈ, (ਧਰਮ-ਬਲਦ) ਇਕੋ ਪੈਰ ਦੇ ਭਾਰ ਤੁਰਦਾ ਹੈ, (ਜਗਤ ਵਿਚ) ਮਾਇਆ (ਜੀਵਾਂ ਦੇ ਹਿਰਦੇ ਵਿਚ ਆਪਣਾ) ਮੋਹ ਵਧਾ ਰਹੀ ਹੈ, (ਦੁਨੀਆ ਵਿਚ) ਮਾਇਆ ਦਾ ਮੋਹ ਘੁੱਪ ਹਨੇਰਾ ਬਣਿਆ ਪਿਆ ਹੈ। (ਪਰ, ਹੇ ਭਾਈ ! ਜਿਸ ਮਨੁੱਖ ਨੂੰ) ਗੁਰੂ ਮਿਲ ਪੈਂਦਾ ਹੈ, ਉਸ ਨੂੰ ਪ੍ਰਭੂ ਦੇ ਨਾਮ ਵਿਚ ਜੋੜ ਕੇ (ਕਲਜੁਗ ਵਿਚ ਭੀ ਮਾਇਆ ਦੇ ਘੁੱਪ ਹਨੇਰੇ ਤੋਂ) ਬਚਾ ਲੈਂਦਾ ਹੈ। ੪।

ਹੇ ਭਾਈ ! ਸਾਰੇ ਜੁਗਾਂ ਵਿਚ ਉਹ ਪਰਮਾਤਮਾ ਹੀ ਸਦਾ ਕਾਇਮ ਰਹਿਣ ਵਾਲਾ ਹੈ। ਸਭ ਜੀਵਾਂ ਵਿਚ ਭੀ ਉਹ ਸਦਾ-ਥਿਰ ਪ੍ਰਭੂ ਹੀ ਵੱਸਦਾ ਹੈ, ਉਸ ਤੋਂ ਬਿਨਾ ਕਿਤੇ ਭੀ ਕੋਈ ਹੋਰ ਨਹੀਂ ਹੈ। (ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੀ) ਸਦਾ ਕਾਇਮ ਰਹਿਣ ਵਾਲੀ ਵਡਿਆਈ ਵੱਸਦੀ ਹੈ, ਉਸ ਨੂੰ ਹਰੇਕ ਸੁਖ ਪ੍ਰਾਪਤ ਹੈ। (ਪਰ, ਹਾਂ) ਗੁਰੂ ਦੀ ਸਰਨ ਪੈ ਕੇ ਹੀ ਮਨੁੱਖ ਪਰਮਾਤਮਾ ਦਾ ਨਾਮ ਜਪ ਸਕਦਾ ਹੈ। ੫।

ਹੇ ਭਾਈ ! ਸਾਰੇ ਜੁਗਾਂ ਵਿਚ ਪ੍ਰਭੂ ਦਾ ਨਾਮ ਜਪਣਾ ਹੀ (ਸਭ ਕਰਮਾਂ ਤੋਂ) ਸ੍ਰੇਸ਼ਟ ਕਰਮ ਹੈ—ਇਸ ਗੱਲ ਨੂੰ ਕੋਈ ਉਹ ਵਿਰਲਾ ਮਨੁੱਖ ਸਮਝਦਾ ਹੈ ਜੋ ਗੁਰੂ ਦੀ ਸਰਨ ਪੈਂਦਾ ਹੈ। (ਜੁਗ ਕੋਈ ਭੀ ਹੋਵੇ) ਉਹੀ ਮਨੁੱਖ ਭਗਤ ਹੈ ਜੇਹੜਾ ਪਰਮਾਤਮਾ ਦਾ ਨਾਮ ਜਪਦਾ ਹੈ। ਹੇ ਨਾਨਕ ! (ਇਹ ਗੱਲ ਪੱਕੀ ਜਾਣ ਕਿ) ਹਰੇਕ ਜੁਗ ਵਿਚ ਪ੍ਰਭੂ ਦੇ ਨਾਮ ਦੀ ਬਰਕਤ ਨਾਲ ਹੀ ਇੱਜ਼ਤ ਮਿਲਦੀ ਹੈ। ੬। ੧।

ਰਾਮਕਲੀ ਮਹਲਾ ੪ ਘਰੁ ੧

ੴ ਸਤਿਗੁਰ ਪ੍ਰਸਾਦਿ ॥ ਜੇ ਵਡਭਾਗ ਹੋਵਹਿ ਵਡਭਾਗੀ ਤਾ ਹਰਿ ਹਰਿ ਨਾਮੁ ਧਿਆਵੈ॥ ਨਾਮੁ ਜਪਤ ਨਾਮੇ ਸੁਖੁ ਪਾਵੈ ਹਰਿਨਾਮੇ ਨਾਮਿ ਸਮਾਵੈ ॥ ੧ ॥ ਗੁਰਮੁਖਿ ਭਗਤਿ ਕਰਹੁ ਸਦ ਪ੍ਰਾਣੀ ॥ ਹਿਰਦੈ ਪ੍ਰਗਾਸੁ ਹੋਵੈ ਲਿਵ ਲਾਗੈ ਗੁਰਮਤਿ ਹਰਿ ਹਰਿ ਨਾਮਿ ਸਮਾਣੀ ॥ ੧ ॥ ਰਹਾਉ ॥ ਹੀਰਾ ਰਤਨ ਜਵੇਹਰ ਮਾਣਕ ਬਹੁ ਸਾਗਰ ਭਰਪੂਰੁ ਕੀਆ॥ ਜਿਸੁ ਵਡਭਾਗੁ

ਹੋਵੈ ਵਡ ਮਸਤਕਿ ਤਿਨਿ ਗੁਰਮਤਿ ਕਢਿ ਕਢਿ ਲੀਆ ॥ ੨ ॥ ਰਤਨੁ ਜਵੇਹਰੁ ਲਾਲੁ ਹਰਿਨਾਮਾ ਗੁਰਿ ਕਾਢਿ ਤਲੀ ਦਿਖਲਾਇਆ ॥ਭਾਗਹੀਣ ਮਨਮੁਖਿ ਨਹੀ ਲੀਆ ਤ੍ਰਿਣ ਓਲੈ ਲਾਖੁ ਛਪਾਇਆ ॥ ੩ ॥ ਮਸਤਕਿ ਭਾਗੁ ਹੋਵੈ ਧੁਰਿ ਲਿਖਿਆ ਤਾ ਸਤਗੁਰੁ ਸੇਵਾ ਲਾਏ ॥ ਨਾਨਕ ਰਤਨ ਜਵੇਹਰ ਪਾਵੈ ਧਨੁ ਧਨੁ ਗੁਰਮਤਿ ਹਰਿ ਪਾਏ ॥੪॥੧॥ [ਪੰਨਾ ੯੮੦]

ਪਦ ਅਰਥ :–ਹੋਵਹਿ–ਹੋਣ। ਤਾ–ਤਦੋਂ, ਤਾਂ । ਧਿਆਵੈ–ਧਿਆਉਂਦਾ ਹੈ। ਨਾਮੇ–ਨਾਮ ਵਿਚ ਹੀ। ਨਾਮਿ–ਨਾਮ ਵਿਚ । ਸਮਾਵੈ–ਲੀਨ ਰਹਿੰਦਾ ਹੈ। ੧।

ਗੁਰਮੁਖਿ–ਗੁਰੂ ਦੀ ਸਰਨ ਪੈ ਕੇ। ਸਦ–ਸਦਾ। ਪ੍ਰਾਣੀ–ਹੇ ਪ੍ਰਾਣੀ ! ਹਿਰਦੈ–ਹਿਰਦੇ ਵਿਚ । ਪ੍ਰਗਾਸੁ–ਉੱਚੇ ਆਤਮਕ ਜੀਵਨ ਦਾ ਚਾਨਣ । ਲਿਵ–ਲਗਨ । ਸਮਾਣੀ–ਲੀਨਤਾ। ੧। ਰਹਾਉ।

ਸਾਗਰ–ਸਮੁੰਦਰ, ਹਿਰਦਾ-ਸਰੋਵਰ। ਭਰਪੂਰੁ–ਨਕਾ ਨਕ ਭਰਿਆ ਹੋਇਆ । ਜਿਸੁ ਮਸਤਕਿ–ਜਿਸ (ਮਨੁੱਖ) ਦੇ ਮੱਥੇ ਉਤੇ। ਤਿਨਿ–ਉਸ (ਮਨੁੱਖ) ਨੇ। ਕਢਿ ਕਢਿ –(ਹਰ ਵੇਲੇ) ਕੱਢ ਕੇ। ੨।

ਗੁਰਿ–ਗੁਰੂ ਨੇ ।ਕਾਢਿ–ਕੱਢ ਕੇ ।ਮਨਮੁਖਿ–ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਤ੍ਰਿਣ–ਤੀਲਾ। ਲਾਖੁ–ਲੱਖ (ਰੁਪਇਆ)। ੩।

ਧੁਰਿ–ਧੁਰ ਤੋਂ, ਪ੍ਰਭੂ ਦੀ ਹਜ਼ੂਰੀ ਤੋਂ। ਸੇਵਾ–ਭਗਤੀ (ਵਿਚ) । ਪਾਵੈ–ਪ੍ਰਾਪਤ ਕਰਦਾ ਹੈ। ਧਨੁ ਧਨੁ–ਭਾਗਾਂ ਵਾਲਾ। ੪।

ਅਰਥ :–ਹੇ ਭਾਈ ! ਗੁਰੂ ਦੀ ਸਟਨ ਪੈ ਕੇ (ਗੁਰੂ ਦੇ ਦੱਸੇ ਹੋਏ ਜੀਵਨ-ਰਾਹ ਉਤੇ ਤੁਰ ਕੇ) ਸਦਾ ਪਰਮਾਤਮਾ ਦੀ ਭਗਤੀ ਕਰਿਆ ਕਰੋ। (ਭਗਤੀ ਦੀ ਬਰਕਤਿ ਨਾਲ) ਹਿਰਦੇ ਵਿਚ (ਉੱਚੇ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ, (ਪਰਮਾਤਮਾ ਦੇ ਚਰਨਾਂ ਵਿਚ) ਸੁਰਤਿ ਜੁੜ ਜਾਂਦੀ ਹੈ, ਗੁਰੂ ਦੇ ਉਪਦੇਸ਼ ਨਾਲ ਪਰਮਾਤਮਾ ਦੇ ਨਾਮ ਵਿਚ ਲੀਨਤਾ ਹੋ ਜਾਂਦੀ ਹੈ। ੧। ਰਹਾਉ।

ਜੇ ਕੋਈ ਮਨੁੱਖ ਭਾਗਾਂ ਵਾਲਾ ਹੋਵੇ, ਜੇ ਕਿਸੇ ਮਨੁੱਖ ਦੇ ਵ੍ਡੇ ਭਾਗ ਹੋ ਜਾਣ, ਤਾਂ ਉਹ ਸਦਾ ਪਰਮਾਤਮਾ ਦਾ ਨਾਮ ਸਿਮਰਦਾ ਹੈ। ਨਾਮ ਜਪਣ ਨਾਲ ਉਹ ਮਨੁੱਖ ਨਾਮ ਵਿਚ ਹੀ ਆਨੰਦ ਪ੍ਰਾਪਤ ਕਰਦਾ ਹੈ, ਪ੍ਰਭੂ ਦੇ ਨਾਮ ਵਿਚ ਹੀ ਲੀਨ ਰਹਿੰਦਾ ਹੈ। ੧।

(ਪਰਮਾਤਮਾ ਦੇ ਗੁਣ, ਮਾਨੋ,) ਹੀਰੇ ਰਤਨ ਜਵਾਹਰ ਮੋਤੀ ਹਨ । (ਪਰਮਾਤਮਾ ਨੇ ਹਰੇਕ ਮਨੁੱਖ ਦਾ) ਹਿਰਦਾ-ਸਰੋਵਰ ਇਹਨਾਂ ਨਾਲ ਨਕਾ-ਨਕ ਭਰ ਰੱਖਿਆ ਹੋਇਆ ਹੈ। (ਪਰ ਸਿਰਫ਼) ਉਸ ਮਨੁੱਖ ਨੇ ਹੀ ਗੁਰੂ ਦੇ ਉਪਦੇਸ਼ ਦੀ ਬਰਕਤ ਨਾਲ ਇਹਨਾਂ ਨੂੰ

(ਅੰਦਰ ਲੁਕੇ ਪਿਆਂ ਨੂੰ) ਕੱਢ ਕੇ ਸਾਂਭਿਆ ਹੈ, ਜਿਸ ਦੇ ਮੱਥੇ ਉਤੇ ਵਡੇ ਭਾਗ ਜਾਗ ਪਏ ਹਨ। ੨।

(ਹੇ ਭਾਈ !) ਪਰਮਾਤਮਾ ਦਾ ਨਾਮ ਰਤਨ ਜਵਾਹਰ ਲਾਲ (ਵਰਗਾ ਕੀਮਤੀ) ਹੈ (ਹਰੇਕ ਮਨੁੱਖ ਦੇ ਅੰਦਰ ਲੁਕਿਆ ਪਿਆ ਹੈ। ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਸ ਨੂੰ) ਗੁਰੂ ਨੇ (ਉਸ ਦੇ ਅੰਦਰੋਂ ਹੀ) ਕੱਢ ਕੇ (ਉਸ ਦੀ) ਤਲੀ ਉਤੇ (ਰੱਖ ਕੇ) ਵਿਖਾ ਦਿੱਤਾ ਹੈ। ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮੰਦ-ਭਾਗੀ ਮਨੁੱਖ ਨੇ ਉਹ ਰਤਨ ਨਹੀਂ ਲੱਭਾ, (ਉਸ ਦੇ ਭਾ ਦਾ ਤਾਂ) ਲੱਖ ਰੁਪਇਆ ਤੀਲੇ ਦੇ ਉਹਲੇ ਲੁਕਿਆ ਪਿਆ ਹੈ। ੩।

(ਹੇ ਭਾਈ !) ਜੇ ਧੁਰ-ਦਰਗਾਹ ਤੋਂ ਲਿਖਿਆ ਹੋਇਆ ਲੇਖ ਕਿਸੇ ਮਨੁੱਖ ਦੇ ਮੱਥੇ ਉੱਤੇ ਜਾਗ ਪਏ ਤਾਂ ਗੁਰੂ ਉਸ ਨੂੰ ਪ੍ਰਭੂ ਦੀ ਭਗਤੀ ਵਿਚ ਜੋੜ ਦੇਂਦਾ ਹੈ। ਹੇ ਨਾਨਕ ! (ਉਹ ਮਨੁੱਖ ਅੰਦਰ ਲੁਕੇ ਪਏ ਦੇ ਗੁਣ-ਰੂਪ) ਰਤਨ ਜਵਾਹਰ ਲੱਭ ਲੈਂਦਾ ਹੈ, ਉਹ ਮਨੁੱਖ ਭਾਗਾਂ ਵਾਲਾ ਹੋ ਜਾਂਦਾ ਹੈ, ਗੁਰੂ ਦੀ ਮਤਿ ਲੈ ਕੇ ਉਹ ਮਨੁੱਖ ਪਰਮਾਤਮਾ ਦਾ ਮਿਲਾਪ ਹਾਸਲ ਕਰ ਲੈਂਦਾ ਹੈ। ੪। ੧।

ਰਾਮਕਲੀ ਮਹਲਾ ੪ ॥ ਰਾਮ ਜਨਾ ਮਿਲਿ ਭਇਆ ਅਨੰਦਾ ਹਰਿ ਨੀਕੀ ਕਥਾ ਸੁਨਾਇ ॥ ਦੁਰਮਤਿ ਮੈਲੁ ਗਈ ਸਭ ਨੀਕਲਿ ਸਤਸੰਗਤਿ ਮਿਲਿ ਬੁਧਿ ਪਾਇ ॥ ੧ ॥ ਰਾਮ ਜਨ ਗੁਰਮਤਿ ਰਾਮੁ ਬੋਲਾਇ ॥ ਜੋ ਜੋ ਸੁਣੈ ਕਹੈ ਸੋ ਮੁਕਤਾ ਰਾਮ ਜਪਤ ਸੋਹਾਇ ॥ ੧ ॥ ਰਹਾਉ ॥ ਜੇ ਵਡਭਾਗ ਹੋਵਹਿ ਮੁਖਿ ਮਸਤਕਿ ਹਰਿ ਰਾਮ ਜਨਾ ਭੇਟਾਇ॥ਦਰਸਨੁ ਸੰਤ ਦੇਹੁ ਕਰਿ ਕਿਰਪਾ ਸਭੁ ਦਾਲਦੁ ਦੁਖੁ ਲਹਿ ਜਾਇ ॥ ੨ ॥ ਹਰਿ ਕੇ ਲੋਗ ਰਾਮ ਜਨ ਨੀਕੇ ਭਾਗਹੀਣ ਨ ਸੁਖਾਇ ॥ ਜਿਉ ਜਿਉ ਰਾਮ ਕਹਹਿ ਜਨ ਊਚੇ ਨਰ ਨਿੰਦਕ ਡੰਸੁ ਲਗਾਇ ॥ ੩ ॥ ਧ੍ਰਿਗੁ ਧ੍ਰਿਗੁ ਨਰ ਨਿੰਦਕ ਜਿਨ ਜਨ ਨਹੀ ਭਾਏ ਹਰਿ ਕੇ ਸਖਾ ਸਖਾਇ ॥ ਸੇ ਹਰਿ ਕੇ ਚੋਰ ਵੇਮੁਖ ਮੁਖ ਕਾਲੇ ਜਿਨ ਗੁਰ ਕੀ ਪੈਜ ਨ ਭਾਇ ॥ ੪ ॥ ਦਇਆ ਦਇਆ ਕਰਿ ਰਾਖਹੁ ਹਰਿ ਜੀਉ ਹਮ ਦੀਨ ਤੇਰੀ ਸਰਣਾਇ ॥ ਹਮ ਬਾਰਿਕ ਤੁਮ ਪਿਤਾ ਪ੍ਰਭ ਮੇਰੇ ਜਨ ਨਾਨਕ ਬਖਸਿ ਮਿਲਾਇ ॥ ੫ ॥ ੨ ॥ [ਪੰਨਾ ੯੮੦]

ਪਦ ਅਰਥ :—ਮਿਲਿ—ਮਿਲ ਕੇ। ਨੀਕੀ—ਚੰਗੀ। ਦੁਰਮਤਿ—ਭੈੜੀ ਮਤਿ। ਗਈ ਨੀਕਲਿ—ਨਿਕਲ ਗਈ। ਬੁਧਿ—ਅਕਲ। ਪਾਇ—ਪਾਂਦਾ ਹੈ, ਸਿੱਖਦਾ ਹੈ। ੧।

ਰਾਮ ਜਨ—ਹੇ ਪ੍ਰਭੂ ਦੇ ਸੇਵਕ ! ਰਾਮੁ ਬੋਲਾਇ—ਹਰਿ-ਨਾਮ ਸਿਮਰਨ ਦੀ ਪ੍ਰੇਰਨਾ

ਕਰ । ਕਹੈ—ਉਚਾਰਦਾ ਹੈ । ਮੁਕਤਾ—ਵਿਕਾਰਾਂ ਤੋਂ ਸੁਤੰਤਰ । ਸੋਹਾਇ—ਸੋਹਣਾ ਹੋ ਜਾਂਦਾ ਹੈ, ਸੋਹਣੇ ਜੀਵਨ ਵਾਲਾ ਹੋ ਜਾਂਦਾ ਹੈ । ੧ । ਰਹਾਉ ।

ਮੁਖਿ—ਮੂੰਹ ਉੱਤੇ । ਮਸਤਕਿ—ਮੱਥੇ ਉਤੇ । ਭੇਟਾਇ—ਮਿਲਾਂਦਾ ਹੈ । ਦਾਲਦੁ—ਕੰਗਾਲਤਾ । ੨ ।

ਨੀਕੇ—ਚੰਗੇ । ਨ ਸੁਖਾਇ—ਚੰਗਾ ਨਹੀਂ ਲੱਗਦਾ,ਨਹੀਂ ਸੁਖਾਂਦਾ । ਕਹਹਿ—ਆਖਦੇ ਹਨ । ਡੰਸੁ—ਡੰਗ । ੩ ।

ਧ੍ਰਿਗੁ—ਫਿਟਕਾਰ-ਜੋਗ । ਭਾਏ—ਚੰਗੇ ਲੱਗੇ । ਸਖਾ ਸਖਾਇ—ਮਿੱਤਰ, ਸਾਥੀ । ਵੇਮੁਖ—ਉਲਟਾਏ ਹੋਏ ਮੂੰਹ ਵਾਲੇ । ਪੈਜ—ਇੱਜ਼ਤ । ੪ ।

ਦੀਨ—ਗ਼ਰੀਬ । ਬਾਰਿਕ—ਬੱਚੇ, ਅੰਞਾਣੇ । ਬਖਸਿ—ਬਖ਼ਸ਼ਸ਼ ਕਰ ਕੇ, ਕਿਰਪਾ ਕਰ ਕੇ । ੫ ।

ਅਰਥ :—ਹੇ ਪ੍ਰਭੂ ਦੇ ਭਗਤ-ਜਨੋ ! (ਮੈਨੂੰ) ਗੁਰੂ ਦੀ ਸਿਖਿਆ ਦੇ ਕੇ ਪ੍ਰਭੂ ਦਾ ਨਾਮ ਸਿਮਰਨ ਲਈ ਮਦਦ ਕਰੋ । ਜੇਹੜਾ ਜੇਹੜਾ ਮਨੁੱਖ ਪ੍ਰਭੂ ਦਾ ਨਾਮ ਸੁਣਦਾ ਹੈ (ਜਾਂ) ਉਚਾਰਦਾ ਹੈ, ਉਹ (ਦੁਰਮਤਿ ਤੋਂ) ਸੁਤੰਤਰ ਹੋ ਜਾਂਦਾ ਹੈ । ਪ੍ਰਭੂ ਦਾ ਨਾਮ ਜਪ ਜਪ ਕੇ ਉਹ ਸੋਹਣੇ ਜੀਵਨ ਵਾਲਾ ਬਣ ਜਾਂਦਾ ਹੈ । ੧ । ਰਹਾਉ ।

ਹੇ ਭਾਈ ! ਪ੍ਰਭੂ ਦੇ ਸੇਵਕਾਂ ਨੂੰ ਮਿਲ ਕੇ (ਮਨ ਵਿਚ) ਆਨੰਦ ਪੈਦਾ ਹੁੰਦਾ ਹੈ । (ਪ੍ਰਭੂ ਦਾ ਸੇਵਕ) ਪ੍ਰਭੂ ਦੀ ਸੋਹਣੀ ਸਿਫ਼ਤਿ ਸਾਲਾਹ ਸੁਣਾ ਕੇ (ਸੁਣਨ ਵਾਲੇ ਦੇ ਹਿਰਦੇ ਵਿਚ ਆਨੰਦ ਪੈਦਾ ਕਰ ਦੇਂਦਾ ਹੈ)। ਸਾਧ ਸੰਗਤਿ ਵਿਚ ਮਿਲ ਕੇ ਮਨੁੱਖ (ਸ੍ਰੇਸ਼ਟ) ਅਕਲ ਸਿੱਖ ਲੈਂਦਾ ਹੈ, (ਉਸ ਦੇ ਅੰਦਰੋਂ) ਭੈੜੀ ਮਤਿ ਵਾਲੀ ਸਾਰੀ ਮੈਲ ਦੂਰ ਹੋ ਜਾਂਦੀ ਹੈ।੧।

ਹੇ ਭਾਈ ! ਜੇ ਕਿਸੇ ਮਨੁੱਖ ਦੇ ਮੱਥੇ ਉਤੇ ਚੰਗੇ ਭਾਗ ਜਾਗ ਪੈਣ, ਤਾਂ ਪਰਮਾਤਮਾ ਉਸ ਨੂੰ ਸੰਤ ਜਨਾਂ ਨਾਲ ਮਿਲਾਂਦਾ ਹੈ । ਹੇ ਪ੍ਰਭੂ ! ਕਿਰਪਾ ਕਰ ਕੇ (ਮੈਨੂੰ) ਸੰਤ ਜਨਾਂ ਦਾ ਦਰਸ਼ਨ ਬਖ਼ਸ਼, (ਸੰਤ ਜਨਾਂ ਦਾ ਦਰਸ਼ਨ ਕਰ ਕੇ) ਸਾਰਾ ਦਰਿੱਦਰ ਦੁੱਖ ਦੂਰ ਹੋ ਜਾਂਦਾ ਹੈ । ੨ ।

ਹੇ ਭਾਈ ! ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦੇ ਸੋਹਣੇ (ਜੀਵਨ ਵਾਲੇ) ਹੁੰਦੇ ਹਨ, ਪਰ ਮੰਦ-ਭਾਗੀ ਮਨੁੱਖਾਂ ਨੂੰ (ਉਹਨਾਂ ਦਾ ਦਰਸ਼ਨ) ਚੰਗਾ ਨਹੀਂ ਲੱਗਦਾ । ਹੇ ਭਾਈ ! ਸੰਤ ਜਨ ਜਿਉਂ ਜਿਉਂ ਹਰਿ-ਨਾਮ ਸਿਮਰਦੇ ਹਨ, ਤਿਉਂ ਤਿਉਂ ਉੱਚੇ ਜੀਵਨ ਵਾਲੇ ਬਣਦੇ ਜਾਂਦੇ ਹਨ, ਪਰ ਉਹਨਾਂ ਦੀ ਨਿੰਦਾ ਕਰਨ ਵਾਲਿਆਂ ਨੂੰ ਉਹਨਾਂ ਦਾ ਜੀਵਨ ਇਉਂ ਲੱਗਦਾ ਹੈ ਜਿਵੇਂ ਡੰਗ ਵੱਜ ਜਾਂਦਾ ਹੈ । ੩ ।

ਹੇ ਭਾਈ ! ਨਿੰਦਕ ਮਨੁੱਖ ਫਿਟਕਾਰ-ਜੋਗ (ਜੀਵਨ ਵਾਲੇ) ਹੋ ਜਾਂਦੇ ਹਨ, ਕਿਉਂਕਿ ਉਹਨਾਂ ਨੂੰ ਪਰਮਾਤਮਾ ਦੇ ਚਰਨਾਂ ਵਿਚ ਜੁੜੇ ਰਹਿਣ ਵਾਲੇ ਸੰਤ ਜਨ ਚੰਗੇ

ਨਹੀਂ ਲੱਗਦੇ। ਜਿਨ੍ਹਾਂ ਮਨੁੱਖਾਂ ਨੂੰ ਗੁਰੂ ਦੀ ਇੱਜ਼ਤ (ਹੁੰਦੀ) ਪਸੰਦ ਨਹੀਂ ਆਉਂਦੀ,ਉਹ ਗੁਰੂ ਵਲੋਂ ਮੂੰਹ ਮੋੜੀ ਰੱਖਦੇ ਹਨ, ਉਹ ਰੱਬ ਦੇ ਭੀ ਚੋਰ ਬਣ ਜਾਂਦੇ ਹਨ (ਪ੍ਰਭੂ ਨੂੰ ਭੀ ਮੂੰਹ ਦੇਣ-ਜੋਗੇ ਨਹੀਂ ਰਹਿੰਦੇ, ਵਿਕਾਰਾਂ ਦੇ ਕਾਰਨ) ਉਹ ਭ੍ਰਿਸ਼ਟੇ ਹੋਏ ਮੂੰਹ ਵਾਲੇ ਹੋ ਜਾਂਦੇ ਹਨ। ੪।

ਹੇ ਪ੍ਰਭੂ ! ਅਸੀ ਗਰੀਬ (ਜੀਵ) ਤੇਰੀ ਸਰਨ ਆਏ ਹਾਂ, ਕਿਰਪਾ ਕਰ ਕੇ (ਸਾਨੂੰ ਆਪਣੀ) ਸਰਨ ਵਿਚ ਰੱਖੀ ਰੱਖੋ।ਹੇ ਮੇਰੇ ਪ੍ਰਭੂ ! ਤੂੰ ਸਾਡਾ ਪਿਤਾ ਹੈਂ, ਅਸੀ ਤੇਰੇ ਬੱਚੇ ਹਾਂ। ਦਾਸ ਨਾਨਕ ਉਤੇ ਬਖ਼ਸ਼ਸ਼ ਕਰ ਕੇ ਆਪਣੇ ਚਰਨਾਂ ਵਿਚ ਟਿਕਾਈ ਰੱਖ।੫।੨।

ਰਾਮਕਲੀ ਮਹਲਾ ੪ ॥ ਹਰਿ ਕੇ ਸਖਾ ਸਾਧ ਜਨ ਨੀਕੇ ਤਿਨ ਊਪਰਿ ਹਾਥੁ ਵਤਾਵੈ ॥ ਗੁਰਮੁਖਿ ਸਾਧ ਸੇਈ ਪ੍ਰਭ ਭਾਏ ਕਰਿ ਕਿਰਪਾ ਆਪਿ ਮਿਲਾਵੈ ॥ ੧ ॥ ਰਾਮ ਮੋ ਕਉ ਹਰਿ ਜਨ ਮੇਲਿ ਮਨਿ ਭਾਵੈ ॥ ਅਮਿਉ ਅਮਿਉ ਹਰਿ ਰਸੁ ਹੈ ਮੀਠਾ ਮਿਲਿ ਸੰਤ ਜਨਾ ਮੁਖਿ ਪਾਵੈ ॥ ੧ ॥ ਰਹਾਉ ॥ ਹਰਿ ਕੇ ਲੋਗ ਰਾਮ ਜਨ ਊਤਮ ਮਿਲਿ ਊਤਮ ਪਦਵੀ ਪਾਵੈ ॥ ਹਮ ਹੋਵਤ ਚੇਰੀ ਦਾਸ ਦਾਸਨ ਕੀ ਮੇਰਾ ਠਾਕੁਰੁ ਖੁਸੀ ਕਰਾਵੈ ॥ ੨ ॥ ਸੇਵਕ ਜਨ ਸੇਵਹਿ ਸੇ ਵਡਭਾਗੀ ਰਿਦ ਮਨਿ ਤਨਿ ਪ੍ਰੀਤਿ ਲਗਾਵੈ ॥ਬਿਨੁ ਪ੍ਰੀਤੀ ਕਰਹਿ ਬਹੁ ਬਾਤਾ ਕੂੜੁ ਬੋਲਿ ਕੂੜੋ ਫਲੁ ਪਾਵੈ ॥ ੩ ॥ ਮੋ ਕਉ ਧਾਰਿ ਕ੍ਰਿਪਾ ਜਗ ਜੀਵਨ ਦਾਤੇ ਹਰਿ ਸੰਤ ਪਗੀ ਲੇ ਪਾਵੈ ॥ ਹਉ ਕਾਟਉ ਕਾਟਿ ਬਾਢਿ ਸਿਰੁ ਰਾਖਉ ਜਿਤੁ ਨਾਨਕ ਸੰਤੁ ਚੜਿ ਆਵੈ॥ ੪ ॥ ੩ ॥

[ਪੰਨਾ ੯੮੧]

ਪਦ ਅਰਥ :-ਸਖਾ-ਮਿੱਤਰ। ਨੀਕੇ-ਚੰਗੇ। ਵਤਾਵੈ-ਫੇਰਦਾ ਹੈ। ਸੇਈ-ਉਹੀ। ਪ੍ਰਭ ਭਾਏ-(ਜੇਹੜੇ) ਪ੍ਰਭੂ ਨੂੰ ਪਿਆਰੇ ਲੱਗਦੇ ਹਨ। ੧।

ਰਾਮ-ਹੇ ਰਾਮ ! ਮੋ ਕਉ-ਮੈਨੂੰ। ਮੇਲਿ-ਮਿਲਾ। ਮਨਿ ਭਾਵੈ-(ਮੇਰੇ) ਮਨ ਵਿਚ (ਇਹੀ) ਚੰਗਾ ਲੱਗਦਾ ਹੈ। ਅਮਿਉ-ਅੰਮ੍ਰਿਤ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਮੁਖਿ ਪਾਵੈ-(ਤੇਰਾ ਇਹ ਦਾਸ) ਮੂੰਹ ਵਿਚ ਪਾਏ। ੧। ਰਹਾਉ।

ਮਿਲਿ-ਮਿਲ ਕੇ । ਪਦਵੀ-ਆਤਮਕ ਦਰਜਾ। ਚੇਰੀ-ਦਾਸੀ । ਖੁਸੀ ਕਰਾਵੈ-ਮੇਹਰ ਕਰਦਾ ਹੈ। ੨।

ਸੇਵਹਿ-ਸੇਵਾ-ਭਗਤੀ ਕਰਦੇ ਹਨ। ਸੇ-ਉਹ [ਬਹੁ ਵਚਨ] । ਰਿਦ-ਹਿਰਦੇ ਵਿਚ। ਮਨਿ-ਮਨ ਵਿਚ । ਤਨਿ-ਤਨ ਵਿਚ। ਕੂੜੋ ਫਲੁ-ਕੂੜ ਹੀ ਫਲ (ਵਜੋਂ) ।੩।

ਜਗ ਜੀਵਨ-ਹੇ ਜਗਤ ਦੇ ਜੀਵਨ ! ਦਾਤੇ-ਹੇ ਦਾਤਾਰ ! ਸੰਤ ਪਗੀ-ਸੰਤਾਂ ਦੇ ਚਰਨਾਂ ਵਿਚ। ਹਉ-ਮੈਂ । ਕਾਟਉ-ਕਾਟਉਂ, ਮੈਂ ਕੱਟ ਦਿਆਂ। ਕਾਟਿ ਬਾਢਿ-ਕੱਟ ਵੱਢ ਕੇ। ਰਾਖਉ-ਮੈਂ ਰੱਖ ਦਿਆਂ। ਜਿਤੁ ਚੜਿ-ਜਿਸ ਉੱਤੇ ਚੜ੍ਹ ਕੇ। ੪।

ਅਰਥ :-ਹੇ ਮੇਰੇ ਰਾਮ ! ਮੈਨੂੰ ਆਪਣੇ ਸਤ ਜਨ ਮਿਲਾ, (ਮੇਰੇ) ਮਨ ਵਿਚ ਇਹੀ ਤਾਂਘ ਹੈ। ਹੇ ਰਾਮ ! ਤੇਰਾ ਨਾਮ-ਰਸ ਆਤਮਕ ਜੀਵਨ ਦੇਣ ਵਾਲਾ ਮਿੱਠਾ ਜਲ ਹੈ। (ਤੇਰਾ ਇਹ ਦਾਸ ਤੇਰੇ) ਸੰਤ ਜਨਾਂ ਨੂੰ ਮਿਲ ਕੇ (ਇਹੀ ਅੰਮ੍ਰਿਤ) ਮੂੰਹ ਵਿਚ ਪਾਣਾ

ਚਾਹੁੰਦਾ ਹੈ। ੧। ਰਹਾਉ।

ਹੇ ਭਾਈ! ਪ੍ਰਭੂ ਦੇ ਚਰਨਾਂ ਵਿਚ ਸਦਾ ਰਹਿਣ ਵਾਲੇ ਸਾਧੂ ਜਨ ਸੋਹਣੇ ਜੀਵਨ ਵਾਲੇ ਹੁੰਦੇ ਹਨ,ਪ੍ਰਭੂ ਆਪ ਉਹਨਾਂ ਉਤੇ ਕਿਰਪਾ ਦਾ ਹੱਥ ਰੱਖਦਾ ਹੈ। ਗੁਰੂ ਦੀ ਸਰਨ ਰਹਿਣ ਵਾਲੇ ਉਹੀ ਸਾਧੂ-ਜਨ ਪ੍ਰਭੂ ਨੂੰ ਪਿਆਰੇ ਲੱਗਦੇ ਹਨ। ਪ੍ਰਭੂ ਆਪਣੀ ਮੇਹਰ ਕਰ ਕੇ ਆਪ (ਉਹਨਾਂ ਨੂੰ ਆਪਣੇ ਚਰਨਾਂ ਵਿਚ) ਜੋੜੀ ਰੱਖਦਾ ਹੈ। ੧।

ਹੇ ਭਾਈ! ਪਰਮਾਤਮਾ ਨਾਲ ਪਿਆਰ ਕਰਨ ਵਾਲੇ ਸੰਤ ਜਨ ਉੱਚੇ ਜੀਵਨ ਵਾਲੇ ਹੁੰਦੇ ਹਨ, ਉਹਨਾਂ ਨੂੰ ਮਿਲ ਕੇ ਮਨੁੱਖ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ। ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ ਮੇਰਾ ਮਾਲਕ-ਪ੍ਰਭੂ ਮੇਹਰ ਦੀ ਨਿਗਾਹ ਕਰਦਾ ਹੈ, ਮੈਂ ਉਹਨਾਂ ਦੇ ਦਾਸਾਂ ਦਾ ਦਾਸ ਹਾਂ। ੨।

ਹੇ ਭਾਈ! ਜੇਹੜੇ ਸੇਵਕ ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ ਉਹ ਵੱਡੇ ਭਾਗਾਂ ਵਾਲੇ ਹਨ! ਪ੍ਰਭੂ ਉਹਨਾਂ ਦੇ ਹਿਰਦੇ ਵਿਚ ਉਹਨਾਂ ਦੇ ਮਨ ਵਿਚ ਉਹਨਾਂ ਦੇ ਤਨ ਵਿਚ ਆਪਣੇ ਚਰਨਾਂ ਦੀ ਪ੍ਰੀਤ ਪੈਦਾ ਕਰਦਾ ਹੈ। ਪਰ ਕਈ ਮਨੁੱਖ ਇਸ ਪ੍ਰੀਤ (ਦੀ ਦਾਤਿ) ਤੋਂ ਬਿਨਾ ਹੀ ਬਹੁਤ ਗੱਲਾਂ ਕਰਦੇ ਹਨ। (ਕਿ ਸਾਡੇ ਹਿਰਦੇ ਵਿਚ ਪ੍ਰਭੂ ਦੀ ਪ੍ਰੀਤ ਵੱਸ ਰਹੀ ਹੈ) ਅਜੇਹਾ ਮਨੁੱਖ ਝੂਠ ਬੋਲ ਕੇ ਝੂਠ ਹੀ (ਉਸ ਦਾ) ਫਲ ਪ੍ਰਾਪਤ ਕਰਦਾ ਹੈ (ਉਸ ਦੇ ਹਿਰਦੇ ਵਿਚ ਪ੍ਰੀਤ ਦੇ ਥਾਂ ਝੂਠ ਹੀ ਸਦਾ ਵੱਸਿਆ ਰਹਿੰਦਾ ਹੈ)। ੩।

ਹੇ ਜਗਤ ਨੂੰ ਜ਼ਿੰਦਗੀ ਦੇਣ ਵਾਲੇ ਹਰੀ! ਮੇਰੇ ਉਤੇ ਮੇਹਰ ਕਰ, (ਤਾ ਕਿ ਕੋਈ ਗੁਰਮੁਖ ਮਨੁੱਖ ਮੈਨੂੰ ਤੇਰੇ) ਸੰਤ ਜਨਾਂ ਦੀ ਚਰਨੀਂ ਲਾ ਦੇਵੇ। ਹੇ ਨਾਨਕ! (ਆਖ-ਹੇ ਪ੍ਰਭੂ!)ਮੈਂ ਆਪਣਾ ਸਿਰ ਕੱਟ ਦਿਆਂ, ਕੱਟ ਵੱਢ ਕੇ ਰੱਖ ਦਿਆਂ, ਜਿਸ ਉਤੇ ਚੜ੍ਹ ਕੇ ਕੋਈ ਸੰਤ ਜਨ ਮੈਨੂੰ ਆ ਮਿਲੇ (ਭਾਵ, ਮੈਂ ਸਦਕੇ ਕੁਰਬਾਨ ਜਾਂਵਾਂ ਉਸ ਰਸਤੇ ਤੋਂ ਜਿਸ ਰਸਤੇ ਕੋਈ ਸੰਤ ਆ ਕੇ ਮੈਨੂੰ ਮਿਲੇ। ੪। ੩।

ਰਾਮਕਲੀ ਮਹਲਾ ੪ ॥ ਜੇ ਵਡਭਾਗ ਹੋਵਹਿ ਵਡ ਮੇਰੇ ਜਨ ਮਿਲਦਿਆ ਢਿਲ ਨ ਲਾਈਐ ॥ ਹਰਿ ਜਨ ਅੰਮ੍ਰਿਤ ਕੁੰਟ ਸਰ ਨੀਕੇ ਵਡਭਾਗੀ ਤਿਤੁ ਨਾਵਾਈਐ ॥੧॥ ਰਾਮ ਮੋ ਕਉ ਹਰਿ ਜਨ ਕਾਰੈ ਲਾਈਐ॥ ਹਉ ਪਾਣੀ ਪਖਾ ਪੀਸਉ ਸੰਤ ਆਗੈ ਪਗ ਮਲਿ ਮਲਿ ਧੂਰਿ ਮੁਖਿ ਲਾਈਐ ॥ ੧ ॥ ਰਹਾਉ ॥ ਹਰਿ ਜਨ ਵਡੇ ਵਡੇ ਵਡ ਊਚੇ ਜੋ ਸਤਗੁਰ ਮੇਲਿ ਮਿਲਾਈਐ ॥ ਸਤਗੁਰ ਜੇਵਡੁ ਅਵਰੁ ਨ ਕੋਈ ਮਿਲਿ ਸਤਗੁਰ ਪੁਰਖ ਧਿਆਈਐ ॥ ੨ ॥ ਸਤਗੁਰ ਸਰਣਿ ਪਰੇ ਤਿਨ ਪਾਇਆ ਮੇਰੇ ਠਾਕੁਰ ਲਾਜ ਰਖਾਈਐ ॥ ਇਕਿ ਅਪਣੈ ਸੁਆਇ ਆਇ ਬਹਹਿ ਗੁਰ ਆਗੈ ਜਿਉ ਬਗੁਲ ਸਮਾਧਿ ਲਗਾਈਐ ॥ ੩ ॥ ਬਗੁਲਾ ਕਾਗ ਨੀਚ ਕੀ ਸੰਗਤਿ ਜਾਇ ਕਰੰਗ ਬਿਖੂ ਮੁਖਿ ਲਾਈਐ ॥ ਨਾਨਕ ਮੇਲਿ ਮੇਲਿ ਪ੍ਰਭ ਸੰਗਤਿ ਮਿਲਿ ਸੰਗਤਿ ਹੰਸੁ ਕਰਾਈਐ ॥ ੪ ॥ ੪ ॥ [ਪੰਨਾ ੯੮੧]

ਪਦ ਅਰਥ :—ਹੋਵਹਿ—ਹੋ ਜਾਣ [ਬਹੁ ਵਚਨ] । ਜਨ ਮਿਲਦਿਆ—ਸੰਤ ਜਨਾਂ ਨੂੰ ਮਿਲਣ ਵਿਚ । ਕੁੰਟ—ਚਸ਼ਮੇ । ਸਰ—ਤਾਲਾਬ । ਨੀਕੇ—ਸੋਹਣੇ । ਤਿਤੁ—ਉਸ (ਚਸ਼ਮੇ) ਵਿਚ, ਉਸ (ਸਰੋਵਰ) ਵਿਚ । ੧ ।

ਰਾਮ—ਹੇ ਰਾਮ ! ਮੋ ਕਉ—ਮੈਨੂੰ । ਕਾਰੈ—ਕਾਰ ਵਿਚ, ਸੇਵਾ ਵਿਚ । ਹਉ—ਮੈਂ । ਪੀਸਉ—ਪੀਸਉਂ, ਚੱਕੀ ਪੀਹਾਂ । ਪਗ—ਪੈਰ [ਬਹੁ ਵਚਨ] । ਮਲਿ—ਮਲ ਕੇ । ਧੂਰਿ—ਚਰਨਾਂ ਦੀ ਧੂੜ । ਮੁਖਿ—ਮੂੰਹ ਉਤੇ, ਮੱਥੇ ਉਤੇ । ੧ । ਰਹਾਉ ।

ਸਤਿਗੁਰ ਮੇਲਿ—ਗੁਰੂ ਦੀ ਸੰਗਤਿ ਵਿਚ । ਊਚੇ—ਉੱਚੇ ਜੀਵਨ ਵਾਲੇ । ਮਿਲਿ ਸਤਿਗੁਰ—ਗੁਰੂ ਨੂੰ ਮਿਲ ਕੇ । ਧਿਆਈਐ—ਧਿਆਇਆ ਜਾ ਸਕਦਾ ਹੈ । ੨ ।

ਪਰੇ—ਪਏ । ਤਿਨ ਪਾਇਆ—ਉਹਨਾਂ ਨੇ (ਪ੍ਰਭੂ ਦਾ ਮਿਲਾਪ) ਪਾ ਲਿਆ । ਲਾਜ—ਇੱਜ਼ਤ । ਇਕਿ—[ਲਫ਼ਜ਼ 'ਇਕ' ਤੋਂ ਬਹੁ ਵਚਨ] ਅਨੇਕਾਂ । ਸੁਆਇ—ਸੁਆਰਥ ਦੀ ਖ਼ਾਤਰ । ਆਇ—ਆ ਕੇ । ਬਹਹਿ—ਬਹਿ ਜਾਂਦੇ ਹਨ । ੩ ।

ਕਾਗ—ਕਾਂ । ਜਾਇ—ਜਾ ਕੇ । ਕਰੰਗ—ਮੁਰਦਾਰ । ਬਿਖੂ—ਵਿਸ਼ਟਾ (ਜ਼ਹਿਰ) । ਮੁਖਿ—ਮੂੰਹ ਵਿਚ । ਮੇਲਿ—ਮਿਲਾ ਲੈ । ੪ ।

ਅਰਥ :—ਹੇ (ਮੇਰੇ) ਰਾਮ ! ਮੈਨੂੰ (ਆਪਣੇ) ਸੰਤ ਜਨਾਂ ਦੀ ਸੇਵਾ ਵਿਚ ਲਾਈ ਰੱਖ । ਮੈਂ ਸੰਤ ਜਨਾਂ ਦੇ ਦਰ ਤੇ ਪਾਣੀ ਢੋਵਾਂ, ਪੱਖਾਂ ਝੱਲਾਂ, (ਆਟਾ) ਪੀਹਾਂ । ਮੈਂ ਸੰਤ ਜਨਾਂ ਦੇ ਪੈਰ ਮਲ ਮਲ ਕੇ ਧੋਵਾਂ, ਉਹਨਾਂ ਦੇ ਚਰਨਾਂ ਦੀ ਧੂੜ ਆਪਣੇ ਮੱਥੇ ਤੇ ਲਾਂਦਾ ਰਹਾਂ । ੧ । ਰਹਾਉ ।

ਹੇ ਭਾਈ ! ਸੰਤ ਜਨਾਂ ਨੂੰ ਮਿਲਣ ਵਿਚ ਰਤਾ ਭੀ ਢਿੱਲ ਨਹੀਂ ਕਰਨੀ ਚਾਹੀਦੀ । ਜੇ ਮੇਰੇ ਵੱਡੇ ਭਾਗ ਜਾਗ ਪੈਣ (ਤਾਂ ਹੀ ਸੰਤ ਜਨਾਂ ਨੂੰ ਮਿਲਣ ਦਾ ਅਵਸਰ ਮਿਲਦਾ ਹੈ)। ਹੇ ਭਾਈ ! ਪ੍ਰਭੂ ਦੇ ਸੇਵਕ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਦੇ ਸੋਹਣੇ ਚਸ਼ਮੇ ਹਨ, ਸੋਹਣੇ ਸਰੋਵਰ ਹਨ । ਉਸ ਚਸ਼ਮੇ ਵਿਚ ਉਸ ਸਰੋਵਰ ਵਿਚ ਵੱਡੀ ਕਿਸਮਤ ਨਾਲ ਹੀ ਇਸ਼ਨਾਨ ਕਰ ਸਕੀਦਾ ਹੈ । ੧ ।

ਹੇ ਭਾਈ ! ਪ੍ਰਭੂ ਦੇ ਸੇਵਕ ਬੜੇ ਉੱਚੇ ਜੀਵਨ ਵਾਲੇ ਹੁੰਦੇ ਹਨ, ਉਹਨਾਂ ਦਾ ਮਿਲਾਪ ਸਤਿਗੁਰੂ ਦੀ ਸੰਗਤਿ ਵਿਚ ਬਣਿਆ ਰਹਿੰਦਾ ਹੈ । ਗੁਰੂ ਜੇਡਾ ਵੱਡਾ ਹੋਰ ਕੋਈ ਨਹੀਂ ਹੈ । ਗੁਰੂ ਨੂੰ ਮਿਲ ਕੇ ਹੀ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕਦਾ ਹੈ । ੨ ।

ਹੇ ਭਾਈ ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਗਏ, ਉਹਨਾਂ ਨੇ ਪ੍ਰਭੂ ਦਾ ਮਿਲਾਪ ਹਾਸਲ ਕਰ ਲਿਆ, ਮੇਰੇ ਮਾਲਕ-ਪ੍ਰਭੂ ਨੇ ਉਹਨਾਂ ਦੀ (ਲੋਕ ਪਰਲੋਕ ਵਿਚ) ਇੱਜ਼ਤ ਰੱਖ ਲਈ । ਪਰ ਅਨੇਕਾਂ ਬੰਦੇ ਐਸੇ ਭੀ ਹਨ ਜੋ ਆਪਣੀ ਕਿਸੇ ਗਰਜ਼ ਦੀ ਖ਼ਾਤਰ ਗੁਰੂ ਦੇ ਦਰ ਤੇ ਆ ਬੈਠਦੇ ਹਨ ਅਤੇ ਬਗੁਲੇ ਵਾਂਗ ਸਮਾਧੀ ਲਾ ਲੈਂਦੇ ਹਨ । ੩ ।

ਹੇ ਭਾਈ ! ਬਗੁਲਾ ਅਤੇ ਕਾਂ ਨੀਚ ਦੀ ਸੰਗਤਿ ਹੀ ਪਸੰਦ ਕਰਦੇ ਹਨ (ਜੇ ਉਹ ਕਿਸੇ ਸੁਆਰਥ ਵਾਸਤੇ ਗੁਰੂ ਦੇ ਦਰ ਤੇ ਆਉਂਦੇ ਭੀ ਹਨ, ਤਾਂ ਇਥੋਂ) ਉੱਠ ਕੇ ਕੋਈ

ਮੁਰਦਾਰ ਜਾਂ ਗੰਦ ਹੀ ਮੂੰਹ ਵਿਚ ਪਾਂਦੇ ਹਨ । ਹੇ ਨਾਨਕ ! (ਪ੍ਰਭੂ-ਦਰ ਤੇ ਅਰਦਾਸ ਕਰ, ਤੇ, ਆਖ–) ਹੇ ਪ੍ਰਭੂ ! ਮੈਨੂੰ ਗੁਰੂ ਦੀ ਸੰਗਤਿ ਵਿਚ ਮਿਲਾਈ ਰੱਖ । ਗੁਰੂ ਦੀ ਸੰਗਤਿ ਵਿਚ ਮਿਲ ਕੇ (ਕਾਂ ਤੋਂ) ਹੰਸ ਬਣ ਜਾਈਦਾ ਹੈ । ੪ । ੪ ।

ਰਾਮਕਲੀ ਮਹਲਾ ੪ ॥ ਸਤਗੁਰ ਦਇਆ ਕਰਹੁ ਹਰਿ ਮੇਲਹੁ ਮੇਰੇ ਪ੍ਰੀਤਮ ਪ੍ਰਾਣ ਹਰਿ ਰਾਇਆ ॥ ਹਮ ਚੇਰੀ ਹੋਇ ਲਗਹ ਗੁਰ ਚਰਣੀ ਜਿਨਿ ਹਰਿ ਪ੍ਰਭ ਮਾਰਗੁ ਪੰਥੁ ਦਿਖਾਇਆ ॥ ੧ ॥ ਰਾਮ ਮੈ ਹਰਿ ਹਰਿ ਨਾਮੁ ਮਨਿ ਭਾਇਆ ॥ ਮੈ ਹਰਿ ਬਿਨੁ ਅਵਰੁ ਨ ਕੋਈ ਬੇਲੀ ਮੇਰਾ ਪਿਤਾ ਮਾਤਾ ਹਰਿ ਸਖਾਇਆ ॥ ੧ ॥ ਰਹਾਉ ॥ ਮੇਰੇ ਇਕੁ ਖਿਨੁ ਪ੍ਰਾਨ ਨ ਰਹਹਿ ਬਿਨੁ ਪ੍ਰੀਤਮ ਬਿਨੁ ਦੇਖੇ ਮਰਹਿ ਮੇਰੀ ਮਾਇਆ ॥ ਧਨੁ ਧਨੁ ਵਡਭਾਗ ਗੁਰ ਸਰਣੀ ਆਏ ਹਰਿ ਗੁਰ ਮਿਲਿ ਦਰਸਨੁ ਪਾਇਆ ॥੨॥ ਮੈ ਅਵਰੁ ਨ ਕੋਈ ਸੂਝੈ ਬੂਝੈ ਮਨਿ ਹਰਿ ਜਪੁ ਜਪਉ ਜਪਾਇਆ ॥ ਨਾਮਹੀਣ ਫਿਰਹਿ ਸੇ ਨਕਟੇ ਤਿਨ ਘਸਿ ਘਸਿ ਨਕ ਵਢਾਇਆ ॥੩॥ ਮੋ ਕਉ ਜਗ ਜੀਵਨ ਜੀਵਾਲਿ ਲੈ ਸੁਆਮੀ ਰਿਦ ਅੰਤਰਿ ਨਾਮੁ ਵਸਾਇਆ ॥ ਨਾਨਕ ਗੁਰੂ ਗੁਰੂ ਹੈ ਪੂਰਾ ਮਿਲਿ ਸਤਿਗੁਰ ਨਾਮੁ ਧਿਆਇਆ ॥੪॥੫॥ [ਪੰਨਾ ੯੯੨]

ਪਦ ਅਰਥ :–ਹਰਿ–ਹੇ ਹਰੀ ! ਸਤਗੁਰ ਮੇਲਹੁ–ਗੁਰੂ ਮਿਲਾ । ਹਰਿ ਰਾਇਆ–ਹੇ ਪ੍ਰਭੂ ਪਾਤਿਸ਼ਾਹ ! ਚੇਰੀ–ਦਾਸੀ । ਹੋਇ–ਬਣ ਕੇ । ਲਗਹ–[ਵਰਤਮਾਨ ਕਾਲ, ਉੱਤਮ ਪੁਰਖ, ਬਹੁ ਵਚਨ] ਅਸੀ ਲੱਗੀਏ, ਮੈਂ ਲੱਗਾਂ । ਜਿਨਿ–ਜਿਸ (ਗੁਰੂ) ਨੇ । ਮਾਰਗੁ–ਰਸਤਾ । ਪੰਥੁ–ਰਸਤਾ । ੧ ।

ਰਾਮ–ਹੇ ਰਾਮ ! ਮੈ ਮਨਿ ਭਾਇਆ–ਮੇਰੇ ਮਨ ਵਿਚ ਚੰਗਾ ਲੱਗਦਾ ਹੈ । ਬੇਲੀ–ਮਦਦਗਾਰ । ਸਖਾਇਆ–ਸਾਥੀ । ੧ । ਰਹਾਉ ।

ਨ ਰਹਹਿ–ਨਹੀਂ ਰਹਿ ਸਕਦੇ [ਬਹੁ ਵਚਨ] । ਪ੍ਰਾਨ–ਜਿੰਦ । ਮਰਹਿ–(ਮੇਰੇ ਪ੍ਰਾਨ) ਮਰ ਜਾਂਦੇ ਹਨ । ਮਾਇਆ–ਹੇ ਮਾਂ ! ਮਿਲਿ–(ਗੁਰੂ ਨੂੰ) ਮਿਲ ਕੇ । ਹਰਿ ਦਰਸਨੁ–ਪ੍ਰਭੂ ਦਾ ਦਰਸ਼ਨ । ੨ ।

ਮੈ–ਮੈਨੂੰ । ਅਵਰੁ–ਕੋਈ ਹੋਰ (ਬਚਨ) । ਮਨਿ–ਮਨ ਵਿਚ । ਜਪਉ–ਜਪਉਂ, ਮੈਂ ਜਪਦਾ ਹਾਂ । ਫਿਰਹਿ–ਫਿਰਦੇ ਹਨ । ਸੇ–ਉਸ [ਬਹੁ ਵਚਨ] । ਨਕਟੇ–ਨਿ-ਲੱਜ, ਬੇ-ਸ਼ਰਮ । ਘਸਿ ਘਸਿ–ਮੁੜ ਮੁੜ ਘਸ ਕੇ, ਬਹੁਤ ਬੇ ਇੱਜ਼ਤੀ ਕਰਾ ਕੇ । ੩ ।

ਮੋ ਕਉ–ਮੈਨੂੰ । ਜੀਵਾਲਿ ਲੈ–ਆਤਮਕ ਜੀਵਨ ਬਖ਼ਸ਼ ।ਸੁਆਮੀ–ਹੇ ਸੁਆਮੀ ! ਰਿਦ–ਹਿਰਦਾ । ਮਿਲਿ–ਮਿਲ ਕੇ । ੪ ।

ਅਰਥ :–ਹੇ (ਮੇਰੇ) ਰਾਮ ! ਹੇ ਹਰੀ ! ਮੇਰੇ ਮਨ ਵਿਚ ਤੇਰਾ ਨਾਮ ਪਿਆਰਾ ਲੱਗਦਾ ਹੈ । ਹੇ ਭਾਈ ! ਪਰਮਾਤਮਾ ਤੋਂ ਬਿਨਾ ਮੈਨੂੰ ਕੋਈ ਹੋਰ ਮਦਦਗਾਰ ਨਹੀਂ

ਦਿੱਸਦਾ। ਪਰਮਾਤਮਾ ਹੀ ਮੇਰੀ ਮਾਂ ਹੈ, ਪਰਮਾਤਮਾ ਹੀ ਮੇਰਾ ਪਿਉ ਹੈ, ਪਰਮਾਤਮਾ ਹੀ ਮੇਰਾ ਸਾਥੀ ਹੈ। ੧। ਰਹਾਉ।

ਹੇ ਹਰੀ! ਹੇ ਮੇਰੇ ਪ੍ਰੀਤਮ! ਹੇ ਮੇਰੀ ਜਿੰਦ ਦੇ ਪਾਤਿਸ਼ਾਹ! ਮੇਹਰ ਕਰ, ਮੈਨੂੰ ਗੁਰੂ ਮਿਲਾ। ਹੇ ਭਾਈ! ਜਿਸ ਗੁਰੂ ਨੇ (ਸਦਾ) ਪਰਮਾਤਮਾ ਦੇ ਮਿਲਾਪ ਦਾ ਰਸਤਾ ਵਿਖਾਇਆ ਹੈ, ਮੈਂ ਉਸ ਦਾ ਦਾਸ ਬਣ ਕੇ ਉਸ ਦੇ ਚਰਨਾਂ ਉੱਤੇ ਡਿੱਗਾ ਰਹਾਂ। ੧।

ਹੇ ਮੇਰੀ ਮਾਂ! ਪ੍ਰੀਤਮ (ਗੁਰੂ ਦੇ ਮਿਲਾਪ) ਤੋਂ ਬਿਨਾ ਮੇਰੀ ਜਿੰਦ ਇਕ ਖਿਨ ਵਾਸਤੇ ਭੀ ਨਹੀਂ ਰਹਿ ਸਕਦੀ, ਗੁਰੂ ਦਾ ਦਰਸ਼ਨ ਕਰਨ ਤੋਂ ਬਿਨਾ ਮੇਰੀ (ਆਤਮਕ) ਮੌਤ ਹੁੰਦੀ ਹੈ। ਉਹ ਮਨੁੱਖ ਧੰਨ ਹਨ ਧੰਨ ਹਨ, ਵੱਡੇ ਭਾਗਾਂ ਵਾਲੇ ਹਨ, ਜੇਹੜੇ ਗੁਰੂ ਦੀ ਸਰਨ ਆ ਪੈਂਦੇ ਹਨ। ਗੁਰੂ ਨੂੰ ਮਿਲ ਕੇ ਉਹਨਾਂ ਨੇ ਪਰਮਾਤਮਾ ਦਾ ਦਰਸ਼ਨ ਕਰ ਲਿਆ ਹੈ। ੨।

(ਹੇ ਮੇਰੀ ਮਾਂ! ਪ੍ਰਭੂ ਦੇ ਨਾਮ ਦੇ ਜਾਪ ਤੋਂ ਬਿਨਾ)ਮੈਨੂੰ ਕੋਈ ਭੀ ਹੋਰ ਕੰਮ ਨਹੀਂ ਸੁੱਝਦਾ (ਚੰਗਾ ਨਹੀਂ ਲੱਗਦਾ)। ਜਿਵੇਂ ਗੁਰੂ ਜਪਣ ਲਈ ਪ੍ਰੇਰਦਾ ਹੈ, ਮੈਂ ਆਪਣੇ ਮਨ ਵਿਚ ਪ੍ਰਭੂ ਦੇ ਨਾਮ ਦਾ ਜਾਪ ਹੀ ਜਪਦਾ ਹਾਂ। ਹੇ ਭਾਈ! ਜੇਹੜੇ ਮਨੁੱਖ ਨਾਮ ਤੋਂ ਵਾਂਜੇ ਰਹਿੰਦੇ ਹਨ, ਉਹ ਬੇਸ਼ਰਮਾਂ ਵਾਂਗ (ਦੁਨੀਆ ਵਿਚ) ਤੁਰੇ ਫਿਰਦੇ ਹਨ, ਉਹ ਅਨੇਕਾਂ ਵਾਰੀ ਬੇ-ਇੱਜ਼ਤੀ ਕਰਾ ਕੇ ਖ਼ੁਆਰ ਹੁੰਦੇ ਹਨ। ੩।

ਹੇ ਜਗਤ ਦੇ ਜੀਵਨ-ਪ੍ਰਭੂ! ਹੇ ਮੇਰੇ ਮਾਲਕ-ਪ੍ਰਭੂ! ਮੇਰੇ ਹਿਰਦੇ ਵਿਚ ਆਪਣਾ ਨਾਮ ਵਸਾਈ ਰੱਖ, ਤੇ, ਮੈਨੂੰ ਆਤਮਕ ਜੀਵਨ ਬਖ਼ਸ਼ੀ ਰੱਖ। ਹੇ ਨਾਨਕ! (ਇਹ ਨਾਮ ਦੀ ਦਾਤਿ ਦੇਣ-ਜੋਗਾ) ਗੁਰੂ ਪੂਰਾ ਹੀ ਹੈ ਗੁਰੂ ਪੂਰਾ ਹੀ ਹੈ। ਗੁਰੂ ਨੂੰ ਮਿਲ ਕੇ ਹੀ ਪ੍ਰਭੂ ਦਾ ਨਾਮ ਸਿਮਰਿਆ ਜਾ ਸਕਦਾ ਹੈ। ੪। ੫।

ਰਾਮਕਲੀ ਮਹਲਾ ੪ ॥ ਸਤਗੁਰੁ ਦਾਤਾ ਵਡਾ ਵਡ ਪੁਰਖੁ ਹੈ ਜਿਤੁ ਮਿਲਿਐ ਹਰਿ ਉਰ ਧਾਰੇ ॥ ਜੀਅ ਦਾਨੁ ਗੁਰਿ ਪੂਰੈ ਦੀਆ ਹਰਿ ਅੰਮ੍ਰਿਤ ਨਾਮੁ ਸਮ੍ਹਾਰੇ ॥੧॥ ਰਾਮ ਗੁਰਿ ਹਰਿ ਹਰਿ ਨਾਮੁ ਕੰਠਿ ਧਾਰੇ ॥ ਗੁਰਮੁਖਿ ਕਥਾ ਸੁਣੀ ਮਨਿ ਭਾਈ ਧਨੁ ਧਨੁ ਵਡਭਾਗ ਹਮਾਰੇ ॥੧॥ ਰਹਾਉ ॥ ਕੋਟਿ ਕੋਟਿ ਤੇਤੀਸ ਧਿਆਵਹਿ ਤਾ ਕਾ ਅੰਤੁ ਨ ਪਾਵਹਿ ਪਾਰੇ ॥ ਹਿਰਦੈ ਕਾਮ ਕਾਮਨੀ ਮਾਗਹਿ ਰਿਧਿ ਮਾਗਹਿ ਹਾਥੁ ਪਸਾਰੇ ॥ ੨ ॥ ਹਰਿ ਜਸੁ ਜਪਿ ਜਪੁ ਵਡਾ ਵਡੇਰਾ ਗੁਰਮੁਖਿ ਰਖਉ ਉਰਿ ਧਾਰੇ ॥ ਜੇ ਵਡਭਾਗ ਹੋਵਹਿ ਤਾ ਜਪੀਐ ਹਰਿ ਭਉਜਲੁ ਪਾਰਿ ਉਤਾਰੇ ॥ ੩ ॥ ਹਰਿ ਜਨ ਨਿਕਟਿ ਨਿਕਟਿ ਹਰਿ ਜਨ ਹੇ ਹਰਿ ਰਾਖੈ ਕੰਠਿ ਜਨ ਧਾਰੇ ॥ ਨਾਨਕ ਪਿਤਾ ਮਾਤਾ

ਹੇ ਹਰਿ ਪ੍ਰਭੁ ਹਮ ਬਾਰਿਕ ਹਰਿ ਪ੍ਰਤਿਪਾਰੇ ॥੪॥੬॥੧੯॥ [ਪੰਨਾ ੯੯੨]

ਪਦ ਅਰਥ :—ਦਾਤਾ—(ਨਾਮ ਦੀ) ਦਾਤਿ ਦੇਣ ਵਾਲਾ। ਜਿਤੁ—ਜਿਸ ਦੀ ਰਾਹੀਂ। ਜਿਤੁ ਮਿਲਿਐ—ਜਿਸ ਨੂੰ ਮਿਲਣ ਨਾਲ। ਉਰ—ਹਿਰਦਾ। ਜੀਅ ਦਾਨੁ—ਆਤਮਕ ਜੀਵਨ ਦੀ ਦਾਤਿ। ਗੁਰਿ—ਗੁਰੂ ਨੇ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ। ਸਮਾਰੇ—ਸੰਭਾਲਦਾ ਹੈ। ੧।

ਰਾਮ—ਹੇ ਰਾਮ ! ਗੁਰਿ—ਗੁਰੂ ਦੀ ਰਾਹੀਂ। ਕੰਠਿ—ਗਲੇ ਵਿਚ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਕਥਾ—ਸਿਫ਼ਤਿ ਸਾਲਾਹ। ਮਨਿ ਭਾਈ—ਮਨ ਵਿਚ ਪਿਆਰੀ ਲੱਗੀ ਹੈ। ੧। ਰਹਾਉ।

ਕੋਟਿ—ਕ੍ਰੋੜ। ਨ ਪਾਵਹਿ—ਨਹੀਂ ਲੱਭ ਸਕਦੇ। ਪਾਰੇ—ਪਾਰੁ, ਪਾਰਲਾ ਬੰਨਾ। ਹਿਰਦੈ—ਹਿਰਦੇ ਵਿਚ। ਕਾਮਨੀ—ਇਸਤ੍ਰੀ। ਮਾਗਹਿ—ਮੰਗਦੇ ਹਨ। ਰਿਧਿ—ਧਨ-ਪਦਾਰਥ। ਪਸਾਰੇ—ਪਸਾਰਿ, ਖਿਲਾਰ ਕੇ। ੨।

ਜਸੁ—ਸਿਫ਼ਤਿ ਸਾਲਾਹ। ਜਪਿ—ਜਪਿਆ ਕਰ। ਗੁਰਮੁਖਿ—ਗੁਰੂ ਦੀ ਰਾਹੀਂ। ਰਖਉ—ਰਖਉਂ, ਮੈਂ ਰੱਖਦਾ ਹਾਂ। ਉਰਿ—ਹਿਰਦੇ ਵਿਚ। ਧਾਰੇ—ਧਾਰਿ, ਟਿਕਾ ਕੇ। ਭਉਜਲੁ—ਸੰਸਾਰ-ਸਮੁੰਦਰ। ੩।

ਨਿਕਟਿ—ਨੇੜੇ। ਕੰਠਿ ਧਾਰੇ—ਕੰਠਿ ਧਾਰਿ, ਗਲ ਨਾਲ ਲਾ ਕੇ। ਬਾਰਿਕ—ਬਾਲਕ ਬੱਚੇ। ੪।

ਅਰਥ :—ਹੇ ਮੇਰੇ ਰਾਮ ! ਮੇਰੇ ਵੱਡੇ ਭਾਗ ਹੋ ਗਏ ਹਨ, ਗੁਰੂ ਦੀ ਰਾਹੀਂ, ਹੇ ਹਰੀ ! ਤੇਰਾ ਨਾਮ ਮੈਂ ਆਪਣੇ ਗਲ ਵਿਚ ਪ੍ਰੋ ਲਿਆ ਹੈ। ਗੁਰੂ ਦੀ ਸਰਨ ਪੈ ਕੇ ਮੈਂ ਤੇਰੀ ਸਿਫ਼ਤਿ ਸਾਲਾਹ ਸੁਣੀ ਹੈ, ਤੇ, ਉਹ ਮੇਰੇ ਮਨ ਵਿਚ ਪਿਆਰੀ ਲੱਗ ਰਹੀ ਹੈ। ੧। ਰਹਾਉ।

ਹੇ ਭਾਈ ! ਪ੍ਰਭੂ ਦੇ ਨਾਮ ਦੀ ਦਾਤਿ ਦੇਣ ਵਾਲਾ ਗੁਰੂ (ਹੀ) ਸਭ ਤੋਂ ਵੱਡੀ ਵਿਅਕਤੀ ਹੈ। ਗੁਰੂ ਨੂੰ ਮਿਲਣ ਨਾਲ ਮਨੁੱਖ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾ ਲੈਂਦਾ ਹੈ। ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਆਤਮਕ ਜੀਵਨ ਦੀ ਦਾਤਿ ਦੇ ਦਿੱਤੀ, ਉਹ ਮਨੁੱਖ ਪ੍ਰਭੂ ਦੇ ਜੀਵਨ ਦੇਣ ਵਾਲੇ ਨਾਮ ਨੂੰ (ਹਿਰਦੇ ਵਿਚ) ਸੰਭਾਲ ਰੱਖਦਾ ਹੈ। ੧।

ਹੇ ਭਾਈ ! ਤੇਤੀ ਕ੍ਰੋੜ (ਦੇਵਤੇ) ਪਰਮਾਤਮਾ ਦਾ ਧਿਆਨ ਧਰਦੇ ਰਹਿੰਦੇ ਹਨ, ਪਰ ਉਸ ਦੇ ਗੁਣਾਂ ਦਾ ਅੰਤ ਗੁਣਾਂ ਦਾ ਪਾਰਲਾ ਬੰਨਾ ਨਹੀਂ ਲੱਭ ਸਕਦੇ। (ਅਨੇਕਾਂ ਐਸੇ ਭੀ ਹਨ ਜੋ ਆਪਣੇ) ਹਿਰਦੇ ਵਿਚ ਕਾਮ-ਵਾਸਨਾ ਧਾਰ ਕੇ (ਪਰਮਾਤਮਾ ਦੇ ਦਰ ਤੋਂ) ਇਸਤ੍ਰੀ (ਹੀ) ਮੰਗਦੇ ਹਨ, (ਉਸ ਦੇ ਅੱਗੇ) ਹੱਥ ਪਸਾਰ ਕੇ (ਦੁਨੀਆ ਦੇ) ਧਨ-ਪਦਾਰਥ (ਹੀ)

ਮੰਗਦੇ ਹਨ । ੨ ।

ਹੇ ਭਾਈ ! ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਿਆ ਕਰ, ਪਰਮਾਤਮਾ ਦੇ ਨਾਮ ਦਾ ਜਾਪ ਹੀ ਸਭ ਤੋਂ ਵੱਡਾ ਕੰਮ ਹੈ । ਮੈਂ ਤਾਂ ਗੁਰੂ ਦੀ ਸਰਨ ਪੈ ਕੇ ਹਰਿ-ਨਾਮ ਹੀ ਆਪਣੇ ਹਿਰਦੇ ਵਿਚ ਵਸਾਂਦਾ ਹਾਂ । ਹੇ ਭਾਈ ! ਜੇ ਵੱਡੀ ਕਿਸਮਤ ਹੋਵੇ ਤਾਂ ਹੀ ਹਰਿ-ਨਾਮ ਜਪਿਆ ਜਾ ਸਕਦਾ ਹੈ (ਜੇਹੜਾ ਮਨੁੱਖ ਜਪਦਾ ਹੈ ਉਸ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦੇਂਦਾ ਹੈ । ੩ ।

ਹੇ ਭਾਈ ! ਸੰਤ ਜਨ ਪਰਮਾਤਮਾ ਦੇ ਨੇੜੇ ਵੱਸਦੇ ਹਨ, ਪਰਮਾਤਮਾ ਸੰਤ ਜਨਾਂ ਦੇ ਨੇੜੇ ਵੱਸਦਾ ਹੈ । ਪਰਮਾਤਮਾ ਆਪਣੇ ਸੇਵਕਾਂ ਨੂੰ ਆਪਣੇ ਗਲ ਨਾਲ ਲਾ ਕੇ ਰੱਖਦਾ ਹੈ। ਹੇ ਨਾਨਕ ! (ਆਖ-ਹੇ ਭਾਈ !) ਪਰਮਾਤਮਾ ਸਾਡਾ ਪਿਉ ਹੈ, ਪਰਮਾਤਮਾ ਸਾਡੀ ਮਾਂ ਹੈ । ਸਾਨੂੰ ਬੱਚਿਆਂ ਨੂੰ ਪਰਮਾਤਮਾ ਹੀ ਪਾਲਦਾ ਹੈ । ੪ । ੬ । ੧੮ ।

ਰਾਗੁ ਰਾਮਕਲੀ ਮਹਲਾ ੫ ਘਰੁ ੧

ੴ ਸਤਿਗੁਰਪ੍ਰਸਾਦਿ ॥ ਕਿਰਪਾ ਕਰਹੁ ਦੀਨ ਕੇ ਦਾਤੇ ਮੇਰਾ ਗੁਣੁ ਅਵਗਣੁ ਨ ਬੀਚਾਰਹੁ ਕੋਈ ॥ ਮਾਟੀ ਕਾ ਕਿਆ ਧੋਪੈ ਸੁਆਮੀ ਮਾਣਸ ਕੀ ਗਤਿ ਏਹੀ ॥ ੧ ॥ ਮੇਰੇ ਮਨ ਸਤਿਗੁਰੁ ਸੇਵਿ ਸੁਖੁ ਹੋਈ ॥ ਜੋ ਇਛਹੁ ਸੋਈ ਫਲੁ ਪਾਵਹੁ ਫਿਰਿ ਦੂਖੁ ਨ ਵਿਆਪੈ ਕੋਈ ॥ ੧ ॥ ਰਹਾਉ ॥ ਕਾਚੇ ਭਾਡੇ ਸਾਜਿ ਨਿਵਾਜੇ ਅੰਤਰਿ ਜੋਤਿ ਸਮਾਈ॥ਜੈਸਾ ਲਿਖਤੁ ਲਿਖਿਆ ਧੁਰਿ ਕਰਤੈ ਹਮ ਤੈਸੀ ਕਿਰਤਿ ਕਮਾਈ ॥ ੨ ॥ ਮਨੁ ਤਨੁ ਥਾਪਿ ਕੀਆ ਸਭੁ ਅਪਨਾ ਏਹੋ ਆਵਣ ਜਾਣਾ ॥ ਜਿਨਿ ਦੀਆ ਸੋ ਚਿਤਿ ਨ ਆਵੈ ਮੋਹਿ ਅੰਧੁ ਲਪਟਾਣਾ ॥ ੩ ॥ ਜਿਨਿ ਕੀਆ ਸੋਈ ਪ੍ਰਭੁ ਜਾਣੈ ਹਰਿ ਕਾ ਮਹਲੁ ਅਪਾਰਾ ॥ ਭਗਤਿ ਕਰੀ ਹਰਿ ਕੇ ਗੁਣ ਗਾਵਾ ਨਾਨਕ ਦਾਸੁ ਤੁਮਾਰਾ ॥ ੪ ॥ ੧ ॥ [ਪੰਨਾ ੮੮੨]

ਪਦ ਅਰਥ :-ਦੀਨ-ਗ਼ਰੀਬ, ਕੰਗਾਲ । ਦਾਤੇ-ਹੇ ਦਾਤਾਂ ਦੇਣ ਵਾਲੇ ! ਕਿਆ ਧੋਪੈ-ਕੀਹ ਧੁਪ ਸਕਦਾ ਹੈ ? (ਮਿੱਟੀ ਦਾ ਮੈਲਾ-ਪਨ) ਕਦੇ ਨਹੀਂ ਧੁਪ ਸਕਦਾ । ਸੁਆਮੀ-ਹੇ ਮਾਲਕ ! ਗਤਿ-ਹਾਲਤ, ਦਸ਼ਾ । ੧ ।

ਮਨ-ਹੇ ਮਨ ! ਸੇਵਿ-ਸਰਨ ਪਿਆ ਰਹੁ। ਇਛਹੁ-ਮੰਗੇਂਗਾ । ਨ ਵਿਆਪੈ-ਜ਼ੋਰ ਨਹੀਂ ਪਾ ਸਕਦਾ । ੧ । ਰਹਾਉ ।

ਕਾਚੇ ਭਾਂਡੇ-ਨਾਸਵੰਤ ਸਰੀਰ । ਸਾਜਿ-ਬਣਾ ਕੇ ।ਨਿਵਾਜੇ-ਵਡਿਆਈ ਦਿੱਤੀ ਹੈ। ਸਮਾਈ-ਟਿਕੀ ਹੋਈ ਹੈ । ਲਿਖਤੁ-ਲੇਖ । ਧੁਰਿ-ਧੁਰ ਦਰਗਾਹ ਤੋਂ । ਕਰਤੈ-ਕਰਤਾਰ

ਨੇ। ਕਿਰਤਿ-ਕਾਰ। ੨।

ਥਾਪਿ ਕੀਆ-ਮਿਥ ਲਿਆ, ਸਮਝ ਲਿਆ। ਏਹੋ-ਇਹ ਮਿਥ ਹੀ, ਇਹ ਅਪਣੱਤ ਹੀ। ਜਿਨਿ-ਜਿਸ (ਪਰਮਾਤਮਾ) ਨੇ। ਚਿਤਿ-ਚਿੱਤ ਵਿਚ। ਮੋਹਿ-(ਇਸ ਜਿੰਦ ਤੇ ਸਰੀਰ ਦੇ) ਮੋਹ ਵਿਚ। ਮਨੁ-ਜਿੰਦ। ਅੰਧੁ-ਅੰਨ੍ਹਾ ਮਨੁੱਖ। ੩।

ਜਿਨਿ-ਜਿਸ (ਪ੍ਰਭੂ) ਨੇ। ਸੋਈ-ਉਹ (ਪ੍ਰਭੂ) ਹੀ। ਮਹਲੁ-ਟਿਕਾਣਾ, ਉੱਚਾ ਆਸਣ।ਅਪਾਰਾ-ਬੇਅੰਤ, ਜਿਸ ਦਾ ਪਾਰਲਾ ਬੰਨਾ ਨਹੀਂ ਲੱਭ ਸਕਦਾ। ਕਰੀ-ਕਰੀਂ, ਮੈਂ ਕਰਾਂ। ਗਾਵਾ-ਗਾਵਾਂ, ਮੈਂ ਗਾਂਦਾ ਰਹਾਂ। ੪।

ਅਰਥ :-ਹੇ ਮੇਰੇ ਮਨ ! ਗੁਰੂ ਦੀ ਸਰਨ ਪਿਆ ਰਹੁ (ਗੁਰੂ ਦੇ ਦਰ ਤੇ ਰਿਹਾਂ ਹੀ) ਆਨੰਦ ਮਿਲਦਾ ਹੈ। (ਗੁਰੂ ਦੇ ਦਰ ਤੇ ਰਹਿ ਕੇ) ਜੇਹੜੀ ਕਾਮਨਾ ਚਿਤਵੇਂਗਾ,ਉਹੀ ਫਲ ਹਾਸਲ ਕਰ ਲਏਂਗਾ। (ਇਸ ਤਰ੍ਹਾਂ) ਕੋਈ ਦੁੱਖ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। ੧। ਰਹਾਉ।

ਹੇ ਗ਼ਰੀਬਾਂ ਉਤੇ ਬਖ਼ਸ਼ਸ਼ਾਂ ਕਰਨ ਵਾਲੇ ਪ੍ਰਭੂ ! (ਮੇਰੇ ਉਤੇ) ਮੇਹਰ ਕਰ, ਮੇਰਾ ਕੋਈ ਗੁਣ ਨਾਂਹ ਵਿਚਾਰੀਂ, ਮੇਰਾ ਕੋਈ ਔਗਣ ਨਾਂਹ ਵਿਚਾਰੀਂ(ਮੇਰੇ ਅੰਦਰ ਤਾਂ ਔਗਣ ਹੀ ਔਗਣ ਹਨ)। (ਜਿਵੇਂ ਪਾਣੀ ਨਾਲ ਧੋਤਿਆਂ)ਮਿੱਟੀ ਦਾ ਮੈਲਾ-ਪਨ ਕਦੇ ਧੁਪ ਨਹੀਂ ਸਕਦਾ, ਹੇ ਮਾਲਕ-ਪ੍ਰਭੂ ! ਅਸਾਂ ਜੀਵਾਂ ਦੀ ਭੀ ਇਹੀ ਹਾਲਤ ਹੈ। ੧।

ਹੇ ਭਾਈ ! (ਸਾਡੇ ਇਹ) ਨਾਸਵੰਤ ਸਰੀਰ ਬਣਾ ਕੇ (ਪਰਮਾਤਮਾ ਨੇ ਹੀ ਇਹਨਾਂ ਨੂੰ) ਵਡਿਆਈ ਦਿੱਤੀ ਹੋਈ ਹੈ (ਕਿਉਂਕਿ ਇਹਨਾਂ ਨਾਸਵੰਤ ਸਰੀਰਾਂ ਦੇ) ਅੰਦਰ ਉਸ ਦੀ ਜੋਤ ਟਿਕੀ ਹੋਈ ਹੈ। ਹੇ ਭਾਈ ! (ਸਾਡੇ ਕੀਤੇ ਕਰਮਾਂ ਅਨੁਸਾਰ) ਕਰਤਾਰ ਨੇ ਧੁਰ ਦਰਗਾਹ ਤੋਂ ਜਿਹੋ ਜਿਹਾ (ਸੰਸਕਾਰਾਂ ਦਾ) ਲੇਖ (ਸਾਡੇ ਅੰਦਰ) ਲਿਖ ਦਿੱਤਾ ਹੈ, ਅਸੀ ਜੀਵ (ਹੁਣ ਭੀ) ਉਹੋ ਜਿਹੇ ਕਰਮਾਂ ਦੀ ਕਮਾਈ ਕਰੀ ਜਾਂਦੇ ਹਾਂ। ੨।

ਹੇ ਭਾਈ ! ਮਨੁੱਖ ਇਸ ਜਿੰਦ ਨੂੰ ਇਸ ਸਰੀਰ ਨੂੰ ਸਦਾ ਆਪਣਾ ਮਿਥੀ ਰੱਖਦਾ ਹੈ, ਇਹ ਅਪਣੱਤ ਹੀ (ਮਨੁੱਖ ਵਾਸਤੇ)ਜਨਮ ਮਰਨ(ਦੇ ਗੇੜ ਦਾ ਕਾਰਨ ਬਣੀ ਰਹਿੰਦੀ) ਹੈ। ਜਿਸ ਪਰਮਾਤਮਾ ਨੇ ਇਹ ਜਿੰਦ ਦਿੱਤੀ ਹੈ ਇਹ ਸਰੀਰ ਦਿੱਤਾ ਹੈ ਉਹ ਇਸ ਦੇ ਚਿੱਤ ਵਿਚ (ਕਦੇ) ਨਹੀਂ ਵੱਸਦਾ, ਅੰਨ੍ਹਾ ਮਨੁੱਖ (ਜਿੰਦ ਤੇ ਸਰੀਰ ਦੇ) ਮੋਹ ਵਿਚ ਫਸਿਆ ਰਹਿੰਦਾ ਹੈ। ੩।

ਹੇ ਭਾਈ ! ਜਿਸ ਪਰਮਾਤਮਾ ਨੇ (ਇਹ ਖੇਲ) ਬਣਾਇਆ ਹੈ ਉਹੀ (ਇਸ ਨੂੰ ਚਲਾਣਾ) ਜਾਣਦਾ ਹੈ, ਉਸ ਪਰਮਾਤਮਾ ਦਾ ਟਿਕਾਣਾ ਅਪਹੁੰਚ ਹੈ (ਜੀਵ ਉਸ ਪਰਮਾਤਮਾ ਦੀ ਰਜ਼ਾ ਨੂੰ ਸਮਝ ਨਹੀਂ ਸਕਦਾ)। ਹੇ ਨਾਨਕ ! (ਆਖ-ਹੇ ਪ੍ਰਭੂ!)ਮੈਂ ਤੇਰਾ ਦਾਸ ਹਾਂ (ਮੇਹਰ ਕਰ) ਮੈਂ ਤੇਰੀ ਭਗਤੀ ਕਰਦਾ ਰਹਾਂ, ਮੈਂ ਤੇਰੇ ਗੁਣ ਗਾਂਦਾ ਰਹਾਂ। ੪। ੧।

ਰਾਮਕਲੀ ਮਹਲਾ ੫ ॥ ਪਵਹੁ ਚਰਣਾ ਤਲਿ ਊਪਰਿ ਆਵਹੁ ਐਸੀ ਸੇਵ ਕਮਾਵਹੁ ॥ ਆਪਸ ਤੇ ਊਪਰਿ ਸਭ ਜਾਣਹੁ ਤਉ ਦਰਗਹ ਸੁਖੁ ਪਾਵਹੁ॥ ੧॥ ਸੰਤਹੁ ਐਸੀ ਕਥਹੁ ਕਹਾਣੀ ॥ ਸੁਰ ਪਵਿਤ੍ਰ ਨਰ ਦੇਵ ਪਵਿਤ੍ਰਾ ਖਿਨੁ ਬੋਲਹੁ ਗੁਰਮੁਖਿ ਬਾਣੀ ॥ ੧ ॥ ਰਹਾਉ ॥ ਪਰਪੰਚੁ ਛੋਡਿ ਸਹਜ ਘਰਿ ਬੈਸਹੁ ਝੂਠਾ ਕਹਹੁ ਨ ਕੋਈ ॥ ਸਤਿਗੁਰ ਮਿਲਹੁ ਨਵੈ ਨਿਧਿ ਪਾਵਹੁ ਇਨ ਬਿਧਿ ਤਤੁ ਬਿਲੋਈ ॥ ੨ ॥ ਭਰਮੁ ਚੁਕਾਵਹੁ ਗੁਰਮੁਖਿ ਲਿਵ ਲਾਵਹੁ ਆਤਮੁ ਚੀਨਹੁ ਭਾਈ ॥ ਨਿਕਟਿ ਕਰਿ ਜਾਣਹੁ ਸਦਾ ਪ੍ਰਭੁ ਹਾਜਰੁ ਕਿਸੁ ਸਿਉ ਕਰਹੁ ਬੁਰਾਈ ॥ ੩ ॥ ਸਤਿਗੁਰਿ ਮਿਲਿਐ ਮਾਰਗੁ ਮੁਕਤਾ ਸਹਜੇ ਮਿਲੇ ਸੁਆਮੀ ॥ ਧਨੁ ਧਨੁ ਸੇ ਜਨ ਜਿਨੀ ਕਲਿ ਮਹਿ ਹਰਿ ਪਾਇਆ ਜਨ ਨਾਨਕ ਸਦ ਕੁਰਬਾਨੀ ॥ ੪ ॥ ੨ ॥ [ਪੰਨਾ ੮੯੩]

ਪਦ ਅਰਥ :—ਤਲਿ—ਹੇਠ । ਊਪਰਿ ਆਵਹੁ—ਉੱਚੇ ਜੀਵਨ ਵਾਲੇ ਬਣ ਜਾਉਗੇ । ਆਪਸ ਤੇ—ਆਪਣੇ ਆਪ ਨਾਲੋਂ । ਤੇ—ਤੋਂ । ਊਪਰਿ—ਸ੍ਰੇਸ਼ਟ, ਉੱਚਾ । ਤਉ—ਤਾਂ, ਤਦੋਂ । ੧ । ਰਹਾਉ ।

ਸੰਤਹੁ—ਹੇ ਸੰਤ ਜਨੋ ! ਕਥਹੁ—ਆਖੋ, ਉਚਾਰੋ । ਕਹਾਣੀ—ਸਿਫ਼ਤਿ ਸਾਲਾਹ । ਸੁਰ—ਦੇਵਤੇ । ਨਰ—ਮਨੁੱਖ । ਦੇਵ—ਦੇਵਤੇ । ਖਿਨੁ—ਖਿਨੁ ਖਿਨੁ, ਹਰ ਵੇਲੇ, ਛਿਨ ਛਿਨ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ । ੧ । ਰਹਾਉ ।

ਪਰਪੰਚੁ—ਮਾਇਆ ਦਾ ਮੋਹ । ਛੋਡਿ—ਛੱਡ ਕੇ । ਸਹਜ—ਆਤਮਕ ਅਡੋਲਤਾ । ਸਹਜ ਘਰਿ—ਆਤਮਕ ਅਡੋਲਤਾ ਦੇ ਘਰ ਵਿਚ । ਬੈਸਹੁ—ਟਿਕੇ ਰਹੋ । ਨਵੈ ਨਿਧਿ—ਨੌਂ ਹੀ ਖ਼ਜ਼ਾਨੇ । ਇਨ ਬਿਧਿ—ਇਸ ਤਰੀਕੇ ਨਾਲ । ਤਤੁ ਬਿਲੋਈ—ਤਤੁ ਬਿਲੋਇ, ਮੱਖਣ ਰਿੜਕ ਕੇ, ਅਸਲੀਅਤ ਲੱਭ ਕੇ, ਸਹੀ ਜੀਵਨ-ਰਾਹ ਲੱਭ ਕੇ । ੨ ।

ਭਰਮੁ—ਭਟਕਣਾ । ਚੁਕਾਵਹੁ—ਦੂਰ ਕਰੋ । ਆਤਮੁ—ਆਪਣੇ ਆਪ ਨੂੰ । ਚੀਨਹੁ—ਪਛਾਣੋ । ਭਾਈ—ਹੇ ਭਾਈ ! ਨਿਕਟਿ—ਨੇੜੇ । ਹਾਜਰੁ—ਅੰਗ-ਸੰਗ ਵੱਸਦਾ । ਬੁਰਾਈ—ਭੇੜ । ੩ ।

ਸਤਿਗੁਰਿ ਮਿਲਿਐ—ਜੇ ਗੁਰੂ ਮਿਲ ਪਏ । ਮਾਰਗੁ—(ਜ਼ਿੰਦਗੀ ਦਾ) ਰਸਤਾ । ਮੁਕਤਾ—ਖੁਲ੍ਹਾ, (ਵਿਕਾਰਾਂ ਦੀਆਂ ਰੁਕਾਵਟਾਂ ਤੋਂ ਬਚਿਆ ਹੋਇਆ) । ਸਹਜੇ—ਸਹਜਿ, ਆਤਮਕ ਅਡੋਲਤਾ ਵਿਚ । ਧਨੁ ਧਨੁ—ਭਾਗਾਂ ਵਾਲੇ । ਸੇ ਜਨ—ਉਹ ਬੰਦੇ । ਕਲਿ ਮਹਿ —[ਨੋਟ ! ਇਥੇ ਕਿਸੇ ਖ਼ਾਸ ਜੁਗ ਦਾ ਨਿਰਨਾ ਨਹੀਂ ਹੈ] ਇਸ ਕਲਿ ਵਿਚ, ਜਗਤ ਵਿਚ, ਇਸ ਜੀਵਨ ਵਿਚ । ਸਦ—ਸਦਾ । ੪ ।

ਅਰਥ :–ਹੇ ਸੰਤ ਜਨੋ ! ਇਹੋ ਜਿਹੀ ਪ੍ਰਭੂ ਦੀ ਸਿਫ਼ਤਿ ਸਾਲਾਹ ਕਰਦੇ ਰਹੋ, ਗੁਰੂ ਦੀ ਸਰਨ ਪੈ ਕੇ ਹਰ ਵੇਲੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਉਚਾਰਦੇ ਰਹੋ, ਜਿਸ ਦੀ ਬਰਕਤਿ ਨਾਲ ਦੇਵਤੇ ਮਨੁੱਖ ਸਭ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ। ੧। ਰਹਾਉ।

ਹੇ ਸੰਤ ਜਨੋ ! ਸਭਨਾਂ ਦੇ ਚਰਨਾਂ ਹੇਠ ਪਏ ਰਹੋ। ਜੇ ਇਹੋ ਜਿਹੀ ਸੇਵਾ-ਭਗਤੀ ਦੀ ਕਮਾਈ ਕਰੋਗੇ, ਤਾਂ ਉੱਚੇ ਜੀਵਨ ਵਾਲੇ ਬਣ ਜਾਉਗੇ। ਜਦੋਂ ਤੁਸੀਂ ਸਭਨਾਂ ਨੂੰ ਆਪਣੇ ਨਾਲੋਂ ਚੰਗੇ ਸਮਝਣ ਲੱਗ ਪਵੋਗੇ, ਤਾਂ ਪਰਮਾਤਮਾ ਦੀ ਹਜ਼ੂਰੀ ਵਿਚ (ਟਿਕੇ ਰਹਿ ਕੇ) ਆਨੰਦ ਮਾਣੋਗੇ। ੧।

ਹੇ ਸੰਤ ਜਨੋ ! ਮਾਇਆ ਦਾ ਮੋਹ ਛੱਡ ਕੇ ਕਿਸੇ ਨੂੰ ਭੈੜਾ ਨਾਹ ਆਖਿਆ ਕਰੋ, (ਇਸ ਤਰ੍ਹਾਂ) ਆਤਮਕ ਅਡੋਲਤਾ ਵਿਚ ਟਿਕੇ ਰਹੋ। ਗੁਰੂ ਦੀ ਸਰਨ ਪਏ ਰਹੋ। ਇਸ ਤਰ੍ਹਾਂ ਸਹੀ ਜੀਵਨ-ਰਾਹ ਲੱਭ ਕੇ ਦੁਨੀਆ ਦੇ ਸਾਰੇ ਹੀ ਖ਼ਜ਼ਾਨੇ ਹਾਸਲ ਕਰ ਲਵੋਗੇ (ਭਾਵ, ਮਾਇਆ ਦੇ ਮੋਹ ਤੋਂ ਖਲਾਸੀ ਹਾਸਲ ਕਰ ਲਵੋਗੇ। ਬੇ-ਮੁਥਾਜ ਹੋ ਜਾਉਗੇ) ।੨।

ਹੇ ਭਾਈ ! ਗੁਰੂ ਦੀ ਸਰਨ ਪੈ ਕੇ ਪ੍ਰਭੂ-ਚਰਨਾਂ ਵਿਚ ਪ੍ਰੀਤ ਜੋੜੋ, (ਮਨ ਵਿਚੋਂ) ਭਟਕਣਾ ਦੂਰ ਕਰੋ, ਆਪਣੇ ਆਪ ਦੀ ਪਛਾਣ ਕਰੋ (ਆਪਣੇ ਜੀਵਨ ਨੂੰ ਪੜਤਾਲਦੇ ਰਹੋ)। ਪਰਮਾਤਮਾ ਨੂੰ ਸਦਾ ਆਪਣੇ ਨੇੜੇ ਪ੍ਰਤੱਖ ਅੰਗ-ਸੰਗ ਵੱਸਦਾ ਸਮਝੋ, (ਫਿਰ) ਕਿਸੇ ਨਾਲ ਭੀ ਕੋਈ ਭੈੜ ਨਹੀਂ ਕਰ ਸਕੋਗੇ (ਇਹੀ ਹੈ ਸਹੀ ਜੀਵਨ-ਰਾਹ)। ੩।

ਹੇ ਭਾਈ ! ਜੇ ਗੁਰੂ ਮਿਲ ਪਏ, ਤਾਂ (ਜ਼ਿੰਦਗੀ ਦਾ) ਰਸਤਾ ਖੁਲ੍ਹਾ (ਵਿਕਾਰਾਂ ਦੀਆਂ ਰੁਕਾਵਟਾਂ ਤੋਂ ਸੁਤੰਤਰ) ਹੋ ਜਾਂਦਾ ਹੈ (ਆਤਮਕ ਅਡੋਲਤਾ ਪ੍ਰਾਪਤ ਹੋ ਜਾਂਦੀ ਹੈ, ਇਸ) ਆਤਮਕ ਅਡੋਲਤਾ ਵਿਚ ਮਾਲਕ-ਪ੍ਰਭੂ ਮਿਲ ਪੈਂਦਾ ਹੈ। ਉਹ ਮਨੁੱਖ ਭਾਗਾਂ ਵਾਲੇ ਹਨ, ਜਿਨ੍ਹਾਂ ਨੇ ਇਸ ਜੀਵਨ ਵਿਚ ਪ੍ਰਭੂ ਨਾਲ ਮਿਲਾਪ ਪ੍ਰਾਪਤ ਕਰ ਲਿਆ। ਹੇ ਦਾਸ ਨਾਨਕ ! (ਆਖ–ਮੈਂ ਉਹਨਾਂ ਤੋਂ) ਸਦਾ ਸਦਕੇ ਜਾਂਦਾ ਹਾਂ ।੪।੨।

ਰਾਮਕਲੀ ਮਹਲਾ ੫ ॥ ਆਵਤ ਹਰਖ ਨ ਜਾਵਤ ਦੂਖਾ ਨਹ ਬਿਆਪੈ ਮਨ ਰੋਗਨੀ ॥ ਸਦਾ ਅਨੰਦੁ ਗੁਰੁ ਪੂਰਾ ਪਾਇਆ ਤਉ ਉਤਰੀ ਸਗਲ ਬਿਓਗਨੀ ॥੧॥ ਇਹ ਬਿਧਿ ਹੈ ਮਨੁ ਜੋਗਨੀ ॥ ਮੋਹ ਸੋਗੁ ਰੋਗੁ ਲੋਗੁ ਨ ਬਿਆਪੈ ਤਹ ਹਰਿ ਹਰਿ ਹਰਿ ਰਸ ਭੋਗਨੀ ॥ ੧ ॥ ਰਹਾਉ ॥ ਸੁਰਗ ਪਵਿਤ੍ਰਾ ਮਿਰਤ ਪਵਿਤ੍ਰਾ ਪਇਆਲ ਪਵਿਤ੍ਰ ਅਲੋਗਨੀ ॥ ਆਗਿਆਕਾਰੀ ਸਦਾ ਸੁਖੁ ਭੁੰਚੈ ਜਤ ਕਤ ਪੇਖਉ ਹਰਿ ਗੁਨੀ ॥ ੨ ॥ ਨਹ ਸਿਵ ਸਕਤੀ

ਜਲੁ ਨਹੀ ਪਵਨਾ ਤਹ ਅਕਾਰੁ ਨਹੀ ਮੇਦਨੀ ॥ ਸਤਿਗੁਰ ਜੋਗ ਕਾ ਤਹਾ ਨਿਵਾਸਾ ਜਹ ਅਵਿਗਤ ਨਾਥੁ ਅਗਮ ਧਨੀ ॥ ੩ ॥ ਤਨੁ ਮਨੁ ਹਰਿ ਕਾ ਧਨੁ ਸਭੁ ਹਰਿ ਕਾ ਹਰਿ ਕੇ ਗੁਣ ਹਉ ਕਿਆ ਗਨੀ ॥ ਕਹੁ ਨਾਨਕ ਹਮ ਤੁਮ ਗੁਰਿ ਖੋਈ ਹੈ ਅੰਭੈ ਅੰਭੁ ਮਿਲੋਗਨੀ ॥ ੪ ॥੩ ॥ [ਪੰਨਾ ੯੯੩]

ਪਦ ਅਰਥ:–ਆਵਤ–ਆਉਂਦਿਆਂ, ਕੋਈ ਮਾਇਕ ਲਾਭ ਹੋਇਆਂ। ਹਰਖ–ਖ਼ੁਸ਼ੀ। ਜਾਵਤ–ਕੋਈ ਨੁਕਸਾਨ ਹੁੰਦਿਆਂ। ਬਿਆਪੈ–ਆਪਣਾ ਜ਼ੋਰ ਪਾ ਸਕਦਾ। ਮਨ ਰੋਗਨੀ–ਮਨ ਦਾ ਰੋਗ, ਚਿੰਤਾ। ਤਉ–ਤਦੋਂ।ਸਗਲ–ਸਾਰੀ। ਬਿਓਗਨੀ–ਵਿਛੋੜਾ।੧।

ਇਹ ਬਿਧਿ–ਇਸ ਕਿਸਮ ਦਾ। ਜੋਗਨੀ–ਜੁੜਿਆ ਹੋਇਆ। ਲੋਗੁ–ਲੋਕ-ਲਾਜ। ਤਹ–ਉਸ ਅਵਸਥਾ ਵਿਚ। ੧। ਰਹਾਉ।

ਮਿਰਤ–ਮਾਤ ਲੋਕ। ਪਇਆਲ–ਪਾਤਾਲ। ਅਲੋਗਨੀ–ਲੋਕ-ਲਾਜ ਤੋਂ ਰਹਿਤ। ਭੁੰਚੈ–ਮਾਣਦਾ ਹੈ। ਜਤ ਕਤ–ਜਿੱਥੇ ਕਿੱਥੇ, ਹਰ ਥਾਂ। ਪੇਖਉ–ਪੇਖਉਂ, ਮੈਂ ਵੇਖਦਾ ਹਾਂ। ਗੁਨੀ–ਗੁਣਾਂ ਦਾ ਮਾਲਕ। ੨।

ਸਿਵ ਸਕਤੀ–ਸ਼ਿਵ ਦੀ ਸ਼ਕਤੀ, ਰਿੱਧੀਆਂ ਸਿੱਧੀਆਂ। ਜਲੁ–ਪਾਣੀ, ਤੀਰਥ-ਇਸ਼ਨਾਨ। ਪਵਨਾ–ਹਵਾ, ਪ੍ਰਾਣਾਯਾਮ। ਤਹ–ਉਸ ਅਵਸਥਾ ਵਿਚ। ਅਕਾਰੁ–ਆਕਾਰ, ਰੂਪ। ਮੇਦਨੀ–ਧਰਤੀ (ਦੇ ਪਦਾਰਥ)। ਜੋਗ-ਮਿਲਾਪ। ਅਵਿਗਤ–ਅਵਿਅਕਤ, ਅਦ੍ਰਿਸ਼ਟ ਪ੍ਰਭੂ। ਅਗਮ–ਅਪਹੁੰਚ। ਧਨੀ–ਮਾਲਕ। ੩।

ਹਉ–ਮੈਂ। ਗਨੀ–ਗਨੀਂ, ਮੈਂ ਗਿਣਾਂ। ਹਮ ਤੁਮ–ਮੇਰ-ਤੇਰ। ਗੁਰਿ–ਗੁਰੂ ਨੇ। ਅੰਭੈ–ਪਾਣੀ ਵਿਚ। ਅੰਭੁ–ਪਾਣੀ [ਅੰਭਸ੍]।

ਅਰਥ :–(ਹੇ ਭਾਈ ! ਗੁਰੂ ਦੀ ਕਿਰਪਾ ਨਾਲ ਮੇਰਾ) ਮਨ ਇਸ ਤਰ੍ਹਾਂ (ਪ੍ਰਭੂ-ਚਰਨਾਂ ਵਿਚ) ਜੁੜਿਆ ਹੋਇਆ ਹੈ, ਕਿ ਇਸ ਉੱਤੇ ਮੋਹ, ਗ਼ਮ, ਰੋਗ, ਲੋਕ-ਲਾਜ ਕੋਈ ਭੀ ਆਪਣਾ ਜ਼ੋਰ ਨਹੀਂ ਪਾ ਸਕਦਾ। ਇਸ ਅਵਸਥਾ ਵਿਚ (ਇਹ ਮੇਰਾ ਮਨ) ਪਰਮਾਤਮਾ ਦੇ ਮਿਲਾਪ ਦਾ ਆਨੰਦ ਮਾਣ ਰਿਹਾ ਹੈ। ੧। ਰਹਾਉ।

ਹੇ ਭਾਈ ! ਜਦੋਂ ਤੋਂ (ਮੈਨੂੰ) ਪੂਰਾ ਗੁਰੂ ਮਿਲਿਆ ਹੈ, ਤਦੋਂ ਤੋਂ (ਮੇਰੇ ਅੰਦਰੋਂ ਪ੍ਰਭੂ ਨਾਲੋਂ) ਸਾਰੀ ਵਿੱਥ ਮੁੱਕ ਚੁਕੀ ਹੈ, (ਮੇਰੇ ਅੰਦਰ) ਹਰ ਵੇਲੇ ਆਨੰਦ ਬਣਿਆ ਰਹਿੰਦਾ ਹੈ। ਹੁਣ ਜੇ ਕੋਈ ਮਾਇਕ ਲਾਭ ਹੋਵੇ ਤਾਂ ਖ਼ੁਸ਼ੀ ਆਪਣਾ ਜ਼ੋਰ ਨਹੀਂ ਪਾਂਦੀ, ਜੇ ਕੋਈ ਨੁਕਸਾਨ ਹੋ ਜਾਏ ਤਾਂ ਦੁੱਖ ਨਹੀਂ ਵਾਪਰਦਾ, ਕੋਈ ਭੀ ਚਿੰਤਾ ਆਪਣਾ ਦਬਾਉ ਨਹੀਂ ਪਾ ਸਕਦੀ। ੧।

(ਹੇ ਭਾਈ ! ਗੁਰੂ ਦੀ ਕਿਰਪਾ ਨਾਲ ਮੇਰੇ ਇਸ ਮਨ ਨੂੰ) ਸੁਰਗ, ਮਾਤ ਲੋਕ, ਪਤਾਲ (ਇਕੋ ਜਿਹੇ ਹੀ) ਪਵਿੱਤਰ ਦਿੱਸ ਰਹੇ ਹਨ, ਕੋਈ ਲੋਕ-ਲਾਜ ਭੀ ਨਹੀਂ

ਪੋਂਹਦੀ। (ਗੁਰੂ ਦੀ) ਆਗਿਆ ਵਿਚ ਰਹਿ ਕੇ (ਮੇਰਾ ਮਨ) ਸਦਾ ਆਨੰਦ ਮਾਣ ਰਿਹਾ ਹੈ। ਹੁਣ ਮੈਂ ਜਿਧਰ ਵੇਖਦਾ ਹਾਂ ਉਧਰ ਹੀ ਸਾਰੇ ਗੁਣਾਂ ਦਾ ਮਾਲਕ ਪ੍ਰਭੂ ਹੀ ਮੈਨੂੰ ਦਿੱਸਦਾ ਹੈ। ੨।

ਹੇ ਭਾਈ! ਹੁਣ ਮੇਰੇ ਇਸ ਮਨ ਵਿਚ ਗੁਰੂ ਦੇ ਮਿਲਾਪ ਦਾ ਸਦਾ ਲਈ ਨਿਵਾਸ ਹੋ ਗਿਆ ਹੈ, ਅਦ੍ਰਿਸ਼ਟ ਅਪਹੁੰਚ ਮਾਲਕ ਖਸਮ-ਪ੍ਰਭੂ ਭੀ ਉਥੇ ਹੀ ਵੱਸਦਾ ਦਿੱਸ ਪਿਆ ਹੈ। ਹੁਣ ਇਸ ਮਨ ਵਿਚ ਰਿੱਧੀਆਂ ਸਿੱਧੀਆਂ, ਤੀਰਥ-ਇਸ਼ਨਾਨ, ਪ੍ਰਾਣਾਯਾਮ, ਸੰਸਾਰਕ ਰੂਪ, ਧਰਤੀ ਦੇ ਪਦਾਰਥ ਕੋਈ ਭੀ ਨਹੀਂ ਟਿਕ ਸਕਦੇ। ੩।

ਹੇ ਨਾਨਕ! ਆਖ–(ਹੇ ਭਾਈ!) ਗੁਰੂ ਨੇ (ਮੇਰੇ ਮਨ ਵਿਚੋਂ) ਮੇਰ-ਤੇਰ ਮੁਕਾ ਦਿੱਤੀ ਹੈ (ਮੈਂ ਹੁਣ ਪ੍ਰਭੂ-ਚਰਨਾਂ ਵਿਚ ਇਉਂ ਮਿਲ ਗਿਆ ਹਾਂ, ਜਿਵੇਂ) ਪਾਣੀ ਵਿਚ ਪਾਣੀ ਮਿਲ ਜਾਂਦਾ ਹੈ। (ਹੁਣ ਮੈਨੂੰ ਸਮਝ ਆ ਗਈ ਹੈ ਕਿ) ਇਹ ਸਰੀਰ, ਇਹ ਜਿੰਦ, ਇਹ ਧਨ ਸਭ ਕੁਝ ਉਸ ਪ੍ਰਭੂ ਦਾ ਹੀ ਦਿੱਤਾ ਹੋਇਆ ਹੈ (ਉਹ ਬੜਾ ਬਖ਼ਸ਼ਿੰਦ ਹੈ) ਮੈਂ ਉਸ ਦੇ ਕੇਹੜੇ ਕੇਹੜੇ ਗੁਣ ਬਿਆਨ ਕਰ ਸਕਦਾ ਹਾਂ? ੪। ੩।

ਰਾਮਕਲੀ ਮਹਲਾ ੫ ॥ ਤ੍ਰੈ ਗੁਣ ਰਹਤ, ਰਹੈ ਨਿਰਾਰੀ, ਸਾਧਿਕ ਸਿਧ ਨ ਜਾਨੈ॥ ਰਤਨ ਕੋਠੜੀ ਅੰਮ੍ਰਿਤ ਸੰਪੂਰਨ ਸਤਿਗੁਰ ਕੈ ਖਜਾਨੈ॥੧॥ ਅਚਰਜੁ ਕਿਛੁ ਕਹਣੁ ਨ ਜਾਈ ॥ ਬਸਤੁ ਅਗੋਚਰ ਭਾਈ ॥੧॥ ਰਹਾਉ॥ ਮੋਲੁ ਨਾਹੀ ਕਛੁ ਕਰਣੈ ਜੋਗਾ ਕਿਆ ਕੋ ਕਹੈ ਸੁਣਾਵੈ॥ ਕਥਨ ਕਹਣ ਕਉ ਸੋਝੀ ਨਾਹੀ ਜੋ ਪੇਖੈ ਤਿਸੁ ਬਣਿ ਆਵੈ ॥ ੨ ॥ ਸੋਈ ਜਾਣੈ ਕਰਣੈਹਾਰਾ ਕੀਤਾ ਕਿਆ ਬੇਚਾਰਾ॥ ਆਪਣੀ ਗਤਿ ਮਿਤਿ ਆਪੇ ਜਾਣੈ ਹਰਿ ਆਪੇ ਪੂਰ ਭੰਡਾਰਾ ॥੩॥ ਐਸਾ ਰਸੁ ਅੰਮ੍ਰਿਤੁ ਮਨਿ ਚਾਖਿਆ ਤ੍ਰਿਪਤਿ ਰਹੇ ਆਘਾਈ॥ ਕਹੁ ਨਾਨਕ ਮੇਰੀ ਆਸਾ ਪੂਰੀ ਸਤਿਗੁਰ ਕੀ ਸਰਣਾਈ ॥ ੪ ॥ ੪ ॥

[ਪੰਨਾ ੮੯੩]

ਪਦ ਅਰਥ :–ਰਹਤ–ਨਿਰਲੇਪ। ਤ੍ਰੈ ਗੁਣ ਰਹਤ–ਮਾਇਆ ਦੇ ਤਿੰਨ ਗੁਣਾਂ ਤੋਂ ਬਚੀ ਹੋਈ। ਨਿਰਾਰੀ–ਨਿਰਾਲੀ, ਵੱਖਰੀ। ਸਾਧਿਕ–ਜੋਗ-ਸਾਧਨ ਕਰਨ ਵਾਲੇ। ਸਿਧ –ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਨ ਜਾਨੈ–ਨਹੀਂ ਜਾਣਦੀ, ਸਾਂਝ ਨਹੀਂ ਪਾਂਦੀ। ਰਤਨ–ਪ੍ਰਭੂ ਦੇ ਗੁਣਾਂ ਦੇ ਰਤਨ। ਅੰਮ੍ਰਿਤ–ਆਤਮਕ ਜੀਵਨ ਦੇਣ ਵਾਲਾ ਨਾਮ। ਸੰਪੂਰਨ–ਨਕਾ-ਨਕ ਭਰੀ ਹੋਈ। ਕੈ ਖਜਾਨੈ–ਦੇ ਖ਼ਜ਼ਾਨੇ ਵਿਚ। ੧।

ਅਚਰਜੁ–ਅਨੋਖਾ ਤਮਾਸ਼ਾ। ਬਸਤੁ–[ਵਸ੍ਤੁ] ਕੀਮਤੀ ਚੀਜ਼ [ਇਸਤ੍ਰੀ-ਲਿੰਗ]। ਅਗੋਚਰ–[ਅ-ਗੋ-ਚਰ] ਗਿਆਨ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ। ਭਾਈ–ਹੇ ਭਾਈ! ੧। ਰਹਾਉ।

ਜੋਗਾ—ਸਮਰਥ । ਕੋ—ਕੋਈ ਮਨੁੱਖ । ਕਉ—ਵਾਸਤੇ । ਸੋਝੀ—ਸਮਝ, ਅਕਲ । ਜੋ—ਜੇਹੜਾ ਮਨੁੱਖ । ਪੇਖੈ—ਵੇਖਦਾ ਹੈ । ਤਿਸੁ—ਉਸ (ਮਨੁੱਖ) ਦੀ (ਪ੍ਰੀਤਿ) । ਬਨਿ ਆਵੈ —ਬਣ ਜਾਂਦੀ ਹੈ । ੨ ।

ਸੋਈ—ਉਹ (ਕਰਨਹਾਰ) ਹੀ । ਕੀਤਾ—(ਪ੍ਰਭੂ ਦਾ) ਪੈਦਾ ਕੀਤਾ ਹੋਇਆ ਜੀਵ । ਕਿਆ ਬੇਚਾਰਾ—ਕੀਹ ਪਾਂਇਆਂ ਰੱਖਦਾ ਹੈ ? ਕੋਈ ਪਾਂਇਆਂ ਨਹੀਂ । ਗਤਿ—ਹਾਲਤ । ਮਿਤਿ—ਮਾਪ, ਅੰਦਾਜ਼ਾ । ਆਪੇ—ਆਪ ਹੀ । ਪੂਰ ਭੰਡਾਰਾ—ਭਰੇ ਹੋਏ ਖ਼ਜ਼ਾਨਿਆਂ ਵਾਲਾ । ੩ ।

ਅੰਮ੍ਰਿਤੁ ਰਸੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ । ਮਨਿ—ਮਨ ਵਿਚ । ਤ੍ਰਿਪਤਿ ਰਹੇ ਆਘਾਈ—ਪੂਰਨ ਤੌਰ ਤੇ ਰੱਜ ਗਏ । ਨਾਨਕ—ਹੇ ਨਾਨਕ ! ੪ ।

ਅਰਥ :--ਹੇ ਭਾਈ ! ਇਕ ਅਨੋਖਾ ਤਮਾਸ਼ਾ ਬਣਿਆ ਪਿਆ ਹੈ,ਜਿਸ ਦੀ ਬਾਬਤ ਕੁਝ ਦੱਸਿਆ ਨਹੀਂ ਜਾ ਸਕਦਾ । (ਅਨੋਖਾ ਤਮਾਸ਼ਾ ਇਹ ਹੈ ਕਿ ਗੁਰੂ ਦੇ ਖ਼ਜ਼ਾਨੇ ਵਿਚ ਹੀ ਪ੍ਰਭੂ ਦਾ ਨਾਮ ਇਕ) ਕੀਮਤੀ ਚੀਜ਼ ਹੈ ਜਿਸ ਤਕ (ਮਨੁੱਖ ਦੇ) ਗਿਆਨ-ਇੰਦ੍ਰਿਆਂ ਦੀ ਪਹੁਚ ਨਹੀਂ ਹੋ ਸਕਦੀ । ੧ । ਰਹਾਉ ।

ਹੇ ਭਾਈ ! ਉਹ ਕੀਮਤੀ ਪਦਾਰਥ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਪਰੇ ਵੱਖਰਾ ਹੀ ਰਹਿੰਦਾ ਹੈ, ਉਹ ਪਦਾਰਥ ਜੋਗ-ਸਾਧਨ ਕਰਨ ਵਾਲਿਆਂ ਅਤੇ ਸਾਧਨਾਂ ਵਿਚ ਪੁੱਗੇ ਹੋਏ ਜੋਗੀਆਂ ਨਾਲ ਭੀ ਸਾਂਝ ਨਹੀਂ ਪਾਂਦਾ (ਭਾਵ, ਜੋਗ-ਸਾਧਨਾਂ ਦੀ ਰਾਹੀਂ ਉਹ ਨਾਮ-ਵਸਤੂ ਨਹੀਂ ਮਿਲਦੀ) । ਹੇ ਭਾਈ ! ਉਹ ਕੀਮਤੀ ਪਦਾਰਥ ਗੁਰੂ ਦੇ ਖ਼ਜ਼ਾਨੇ ਵਿਚ ਹੈ । ਉਹ ਪਦਾਰਥ ਹੈ—ਪ੍ਰਭੂ ਦੇ ਆਤਮਕ ਜੀਵਨ ਦੇਣ ਵਾਲੇ ਗੁਣ-ਰਤਨਾਂ ਨਾਲ ਨਕਾ-ਨਕ ਭਰੀ ਹੋਈ ਹਿਰਦਾ-ਕੋਠੜੀ । ੧ ।

ਹੇ ਭਾਈ ! ਉਸ ਨਾਮ-ਵਸਤੁ ਦਾ ਮੁੱਲ ਕੋਈ ਭੀ ਜੀਵ ਨਹੀਂ ਪਾ ਸਕਦਾ । ਕੋਈ ਭੀ ਜੀਵ ਉਸ ਦਾ ਮੁੱਲ ਕਹਿ ਨਹੀਂ ਸਕਦਾ, ਦੱਸ ਨਹੀਂ ਸਕਦਾ । (ਉਸ ਕੀਮਤੀ ਪਦਾਰਥ ਦੀਆਂ ਸਿਫ਼ਤਾਂ) ਦੱਸਣ ਵਾਸਤੇ ਕਿਸੇ ਦੀ ਭੀ ਅਕਲ ਕੰਮ ਨਹੀਂ ਕਰ ਸਕਦੀ । ਹਾਂ, ਜੇਹੜਾ ਮਨੁੱਖ ਉਸ ਵਸਤ ਨੂੰ ਵੇਖ ਲੈਂਦਾ ਹੈ, ਉਸ ਦਾ ਉਸ ਨਾਲ ਪਿਆਰ ਬਣ ਜਾਂਦਾ ਹੈ । ੨ ।

ਹੇ ਭਾਈ ! ਜਿਸ ਸਿਰਜਣਹਾਰ ਨੇ ਉਹ ਪਦਾਰਥ ਬਣਾਇਆ ਹੈ, ਉਸ ਦਾ ਮੁੱਲ ਉਹ ਆਪ ਹੀ ਜਾਣਦਾ ਹੈ । ਉਸ ਦੇ ਪੈਦਾ ਕੀਤੇ ਹੋਏ ਜੀਵ ਵਿਚ ਅਜੇਹੀ ਸਮਰਥਾ ਨਹੀਂ ਹੈ । ਪ੍ਰਭੂ ਆਪ ਹੀ ਉਸ ਕੀਮਤੀ ਪਦਾਰਥ ਨਾਲ ਭਰੇ ਹੋਏ ਖ਼ਜ਼ਾਨਿਆਂ ਦਾ ਮਾਲਕ ਹੈ । ਤੇ, ਉਹ ਆਪ ਕਿਹੋ ਜਿਹਾ ਹੈ, ਕਡਾ ਵਡਾ ਹੈ—ਇਹ ਗੱਲ ਉਹ ਆਪ ਹੀ ਜਾਣਦਾ ਹੈ।। ੩ ।

ਹੇ ਨਾਨਕ ! ਆਖ–ਗੁਰੂ ਦੀ ਸਰਨ ਪੈ ਕੇ ਮੇਰੀ ਲਾਲਸਾ ਪੂਰੀ ਹੋ ਗਈ ਹੈ (ਮੈਨੂੰ ਉਹ ਕੀਮਤੀ ਪਦਾਰਥ ਮਿਲ ਗਿਆ ਹੈ)। ਆਤਮਕ ਜੀਵਨ ਦੇਣ ਵਾਲੇ ਉਸ ਅਸਚਰਜ ਨਾਮ-ਰਸ ਨੂੰ (ਗੁਰੂ ਦੀ ਕਿਰਪਾ ਨਾਲ) ਮੈਂ ਆਪਣੇ ਮਨ ਵਿਚ ਚੱਖਿਆ ਹੈ, ਹੁਣ ਮੈਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰੇ ਤੌਰ ਤੇ ਰੱਜ ਗਿਆ ਹਾਂ। ੪। ੪।

ਰਾਮਕਲੀ ਮਹਲਾ ੫ ॥ ਅੰਗੀਕਾਰੁ ਕੀਆ ਪ੍ਰਭਿ ਅਪਨੈ ਬੈਰੀ ਸਗਲੇ ਸਾਧੇ ॥ ਜਿਨਿ ਬੈਰੀ ਹੈ ਇਹੁ ਜਗੁ ਲੂਟਿਆ ਤੇ ਬੈਰੀ ਲੈ ਬਾਧੇ ॥ ੧ ॥ ਸਤਿਗੁਰੁ ਪਰਮੇਸਰੁ ਮੇਰਾ ॥ ਅਨਿਕ ਰਾਜ ਭੋਗ ਰਸ ਮਾਣੀ ਨਾਉ ਜਪੀ ਭਰਵਾਸਾ ਤੇਰਾ ॥ ੧ ॥ ਰਹਾਉ ॥ ਚੀਤਿ ਨ ਆਵਸਿ ਦੂਜੀ ਬਾਤਾ ਸਿਰ ਊਪਰਿ ਰਖਵਾਰਾ ॥ ਬੇਪਰਵਾਹੁ ਰਹਤ ਹੈ ਸੁਆਮੀ ਇਕ ਨਾਮ ਕੈ ਆਧਾਰਾ ॥ ੨ ॥ ਪੂਰਨ ਹੋਇ ਮਿਲਿਓ ਸੁਖਦਾਈ ਊਨ ਨ ਕਾਈ ਬਾਤਾ॥ ਤਤੁ ਸਾਰੁ ਪਰਮ ਪਦੁ ਪਾਇਆ ਛੋਡਿ ਨ ਕਤਹੂ ਜਾਤਾ ॥ ੩ ॥ ਬਰਨਿ ਨ ਸਾਕਉ ਜੈਸਾ ਤੂ ਹੈ ਸਾਚੇ ਅਲਖ ਅਪਾਰਾ ॥ ਅਤੁਲ ਅਥਾਹ ਅਡੋਲ ਸੁਆਮੀ ਨਾਨਕ ਖਸਮੁ ਹਮਾਰਾ ॥ ੪ ॥ ੫ ॥ [ਪੰਨਾ ੯੮੪]

ਪਦ ਅਰਥ :–ਅੰਗੀਕਾਰੁ–ਪੱਖ, ਸਹਾਇਤਾ। ਅੰਗੀਕਾਰੁ ਕੀਆ–ਪੱਖ ਕੀਤਾ, ਅੰਗ ਨਾਲ ਲਾਇਆ, ਚਰਨਾਂ ਵਿਚ ਜੋੜਿਆ, ਬਾਂਹ ਫੜੀ। ਪ੍ਰਭਿ ਅਪਨੈ–ਆਪਣੇ ਪ੍ਰਭੂ ਨੇ। ਸਗਲੇ–ਸਾਰੇ। ਬੈਰੀ–(ਕਾਮਾਦਿਕ) ਵੈਰੀ। ਸਾਧੇ–ਵੱਸ ਵਿਚ ਕਰ ਦਿੱਤੇ। ਜਿਨਿ–ਜਿਸ ਨੇ। ਜਿਨਿ ਬੈਰੀ–(ਕਾਮਾਦਿਕ) ਜਿਸ ਜਿਸ ਵੈਰੀ ਨੇ [ਨੋਟ : ਲਫ਼ਜ਼ 'ਜਿਨਿ' ਇਕ ਵਚਨ ਹੈ]। ਤੇ–ਉਹ [ਬਹੁ ਵਚਨ]। ਲੈ–ਫੜ ਕੇ। ੧।

ਮੇਰਾ–ਮੇਰਾ (ਰਾਖਾ)। ਮਾਣੀ–ਮਾਣੀਂ, ਮੈਂ ਮਾਣਦਾ ਹਾਂ। ਜਪੀ–ਜਪੀਂ, ਜਪਦਾ ਰਹਾਂ। ਭਰਵਾਸਾ–ਆਸਰਾ। ੧। ਰਹਾਉ।

ਚੀਤਿ–ਚਿੱਤ ਵਿਚ। ਆਵਸਿ–ਆਉਂਦੀ। ਰਹਤ ਹੈ–ਰਹਿੰਦਾ ਹੈ। ਸੁਆਮੀ–ਹੇ ਸੁਆਮੀ ! ਕੈ ਆਧਾਰਾ–ਦੇ ਆਸਰੇ। ੨।

ਹੋਇ–ਹੋ ਜਾਂਦਾ ਹੈ। ਊਨ–ਊਣਾ, ਮੁਥਾਜ। ਕਾਈ ਬਾਤਾ–ਕਿਸੇ ਗੱਲੇ। ਤਤੁ–ਮੂਲ, ਜਗਤ ਦਾ ਮੂਲ। ਸਾਰੁ–ਨਚੋੜ, ਅਸਲ ਜੀਵਨ-ਮਨੋਰਥ। ਪਰਮ ਪਦੁ–ਸਭ ਤੋਂ ਉੱਚਾ ਆਤਮਕ ਦਰਜਾ। ਕਤਹੂ–ਕਿਸੇ ਹੋਰ ਪਾਸੇ। ੩।

ਬਰਨਿ ਨ ਸਾਕਉ–(ਸਾਕਉਂ) ਮੈਂ ਬਿਆਨ ਨਹੀਂ ਕਰ ਸਕਦਾ। ਸਾਚੇ–ਹੇ ਸਦਾ ਕਾਇਮ ਰਹਿਣ ਵਾਲੇ ! ਅਲਖ–ਹੇ ਅਲੱਖ ! ਅਲਖ–ਜਿਸ ਦਾ ਸਹੀ ਸਰੂਪ ਬਿਆਨ ਨਾਹ ਕੀਤਾ ਜਾ ਸਕੇ। ਅਤੁਲ–ਜਿਸ ਦੇ ਗੁਣਾਂ ਨੂੰ ਤੋਲਿਆ ਨਾਂਹ ਜਾ ਸਕੇ, ਜਿਸ ਦੇ

ਬਰਾਬਰ ਦਾ ਹੋਰ ਕੋਈ ਨਾਹ ਲੱਭ ਸਕੇ। ਥਾਹ–ਡੂੰਘਾਈ।੪।

ਅਰਥ :–ਹੇ ਭਾਈ! ਮੇਰਾ ਤਾਂ ਗੁਰੂ ਰਾਖਾ ਹੈ, ਪਰਮਾਤਮਾ ਰਾਖਾ ਹੈ (ਉਹੀ ਮੈਨੂੰ ਕਾਮਾਦਿਕ ਵੈਰੀਆਂ ਤੋਂ ਬਚਾਣ ਵਾਲਾ ਹੈ)। ਹੇ ਪ੍ਰਭੂ! ਮੈਨੂੰ ਤੇਰਾ ਹੀ ਆਸਰਾ ਹੈ (ਮੇਹਰ ਕਰ) ਮੈਂ ਤੇਰਾ ਨਾਮ ਜਪਦਾ ਰਹਾਂ (ਨਾਮ ਦੀ ਬਰਕਤ ਨਾਲ ਇਉਂ ਜਾਪਦਾ ਹੈ ਕਿ) ਮੈਂ ਰਾਜ ਦੇ ਅਨੇਕਾਂ ਭੋਗ ਤੇ ਰਸ ਮਾਣ ਰਿਹਾ ਹਾਂ।੧।ਰਹਾਉ।

ਹੇ ਭਾਈ! ਪਿਆਰੇ ਪ੍ਰਭੂ ਨੇ ਜਿਸ ਮਨੁੱਖ ਨੂੰ ਆਪਣੀ ਚਰਨੀਂ ਲਾ ਲਿਆ, ਉਸ ਦੇ ਉਸ ਨੇ (ਕਾਮਾਦਿਕ) ਸਾਰੇ ਹੀ ਵੈਰੀ ਵੱਸ ਵਿਚ ਕਰ ਦਿੱਤੇ। (ਕਾਮਾਦਿਕ) ਜਿਸ ਜਿਸ ਵੈਰੀ ਨੇ ਇਹ ਜਗਤ ਲੁੱਟ ਲਿਆ ਹੈ, (ਪ੍ਰਭੂ ਨੇ ਉਸ ਦੇ) ਉਹ ਸਾਰੇ ਵੈਰੀ ਫੜ ਕੇ ਬੰਨ੍ਹ ਦਿੱਤੇ।੧।

ਹੇ ਭਾਈ! ਪਰਮਾਤਮਾ (ਜਿਸ ਮਨੁੱਖ ਦੇ) ਸਿਰ ਉੱਤੇ ਰਾਖਾ ਬਣਦਾ ਹੈ, ਉਸ ਮਨੁੱਖ ਦੇ ਚਿੱਤ ਵਿਚ (ਪਰਮਾਤਮਾ ਦੇ ਨਾਮ ਤੋਂ ਬਿਨਾ, ਕਾਮਾਦਿਕ ਦਾ) ਕੋਈ ਹੋਰ ਫੁਰਨਾ ਉਠਦਾ ਹੀ ਨਹੀਂ। ਹੇ ਮਾਲਕ-ਪ੍ਰਭੂ! ਸਿਰਫ਼ ਤੇਰੇ ਨਾਮ ਦੇ ਆਸਰੇ ਉਹ ਮਨੁੱਖ (ਦੁਨੀਆਂ ਦੀਆਂ ਹੋਰ ਗ਼ਰਜ਼ਾਂ ਵਲੋਂ) ਬੇ-ਪਰਵਾਹ ਰਹਿੰਦਾ ਹੈ।੨।

ਹੇ ਭਾਈ! ਜਿਸ ਨੂੰ ਸਾਰੇ ਸੁਖ ਦੇਣ ਵਾਲਾ ਪ੍ਰਭੂ ਮਿਲ ਪੈਂਦਾ ਹੈ, ਉਹ (ਉੱਚੇ ਆਤਮਕ ਗੁਣਾਂ ਨਾਲ) ਭਰਪੂਰ ਹੋ ਜਾਂਦਾ ਹੈ। ਉਹ ਕਿਸੇ ਗੱਲੇ ਮੁਥਾਜ ਨਹੀਂ ਰਹਿੰਦਾ। ਉਹ ਮਨੁੱਖ ਜਗਤ ਦੇ ਮੂਲ-ਪ੍ਰਭੂ ਨੂੰ ਲੱਭ ਲੈਂਦਾ ਹੈ, ਉਹ ਜੀਵਨ ਦਾ ਅਸਲ ਮਨੋਰਥ ਹਾਸਲ ਕਰ ਲੈਂਦਾ ਹੈ, ਉਹ ਸਭ ਤੋਂ ਉੱਚਾ ਆਤਮਕ ਦਰਜਾ ਪ੍ਰਾਪਤ ਕਰ ਲੈਂਦਾ ਹੈ, ਤੇ, ਇਸ ਨੂੰ ਛੱਡ ਕੇ ਕਿਸੇ ਹੋਰ ਪਾਸੇ ਨਹੀਂ ਭਟਕਦਾ।੩।

ਹੇ ਸਦਾ ਕਾਇਮ ਰਹਿਣ ਵਾਲੇ! ਹੇ ਅਲੱਖ! ਹੇ ਬੇਅੰਤ! ਮੈਂ ਬਿਆਨ ਨਹੀਂ ਕਰ ਸਕਦਾ ਕਿ ਤੂੰ ਕਿਹੋ ਜਿਹਾ ਹੈਂ। ਹੇ ਨਾਨਕ! (ਆਖ–) ਹੇ ਬੇ-ਮਿਸਾਲ ਪ੍ਰਭੂ! ਹੇ ਅਥਾਹ! ਹੇ ਅਡੋਲ ਮਾਲਕ! ਤੂੰ ਹੀ ਮੇਰਾ ਖਸਮ ਹੈਂ।੪।੫।

ਰਾਮਕਲੀ ਮਹਲਾ ੫॥ ਤੂ ਦਾਨਾ ਤੂ ਅਬਿਚਲੁ ਤੂਹੀ ਤੂ ਜਾਤਿ ਮੇਰੀ ਪਾਤੀ ॥ ਤੂ ਅਡੋਲੁ ਕਦੇ ਡੋਲਹਿ ਨਾਹੀ ਤਾ ਹਮ ਕੈਸੀ ਤਾਤੀ ॥੧॥ ਏਕੈ ਏਕੈ ਏਕ ਤੂਹੀ ॥ ਏਕੈ ਏਕੈ ਤੂ ਰਾਇਆ ॥ ਤਉ ਕਿਰਪਾ ਤੇ ਸੁਖੁ ਪਾਇਆ॥੧॥ਰਹਾਉ॥ ਤੂ ਸਾਗਰੁ ਹਮ ਹੰਸ ਤੁਮਾਰੇ ਤੁਮ ਮਹਿ ਮਾਣਕ ਲਾਲਾ ॥ ਤੁਮ ਦੇਵਹੁ ਤਿਲੁ ਸੰਕ ਨ ਮਾਨਹੁ ਹਮ ਭੁੰਚਹ ਸਦਾ ਨਿਹਾਲਾ ॥੨॥ ਹਮ ਬਾਰਿਕ ਤੁਮ ਪਿਤਾ ਹਮਾਰੇ ਤੁਮ ਮੁਖਿ ਦੇਵਹੁ ਖੀਰਾ ॥ ਹਮ ਖੇਲਹ ਸਭਿ ਲਾਡ ਲਡਾਵਹ ਤੁਮ ਸਦ ਗੁਣੀ ਗਹੀਰਾ ॥੩॥ ਤੁਮ ਪੂਰਨ ਪੂਰਿ ਰਹੇ

ਸੰਪੂਰਨ ਹਮ ਭੀ ਸੰਗਿ ਅਘਾਏ ॥ ਮਿਲਤ ਮਿਲਤ ਮਿਲਤ ਮਿਲਿ ਰਹਿਆ ਨਾਨਕ ਕਹਣੁ ਨ ਜਾਏ ॥੪॥੬॥ [ਪੰਨਾ ੮੯੪]

ਪਦ ਅਰਥ :—ਦਾਨਾ—(ਦਿਲ ਦੀ) ਜਾਣਨ ਵਾਲਾ । ਅਬਿਚਲੁ—ਅਟੱਲ, ਸਦਾ ਕਾਇਮ ਰਹਿਣ ਵਾਲਾ । ਪਾਤੀ—ਪਾਤਿ,ਕੁਲ । ਅਡੋਲੁ—ਜਿਸ ਉਤੇ ਮਾਇਆ ਦੇ ਝਕੋਲਿਆਂ ਦਾ ਅਸਰ ਨਾਂਹ ਹੋ ਸਕੇ । ਤਾਤੀ—ਤਾਤਿ, ਚਿੰਤਾ । ੧ ।

ਏਕੈ—ਇੱਕ ਹੀ । ਰਾਇਆ—ਹੇ ਪਾਤਿਸ਼ਾਹ ! ਤਉ—ਤੇਰੀ । ਤੇ—ਤੋਂ, ਨਾਲ । ੧ । ਰਹਾਉ ।

ਸਾਗਰੁ—ਸਮੁੰਦਰ । ਹਮ—ਅਸੀ ਜੀਵ । ਮਹਿ—ਵਿਚ, ਅੰਦਰ । ਮਾਣਕ—ਮੋਤੀ । ਤਿਲੁ—ਰਤਾ ਭਰ ਭੀ । ਸੰਕ—ਝਿਜਕ । ਭੁੰਚਹ—[ਵਰਤਮਾਨ ਕਾਲ, ਉੱਤਮ ਪੁਰਖ, ਬਹੁ ਵਚਨ] ਅਸੀ ਭੋਗਦੇ ਹਾਂ । ਨਿਹਾਲਾ—ਪ੍ਰਸੰਨ । ੨ ।

ਮੁਖਿ—ਮੂੰਹ ਵਿਚ । ਖੀਰਾ—ਦੁੱਧ । ਸਭਿ—ਸਾਰੇ । ਸਦ—ਸਦਾ । ਗੁਣੀ—ਗੁਣਾਂ ਦਾ ਮਾਲਕ । ਗਹੀਰਾ—ਡੂੰਘਾ, ਗੰਭੀਰ । ੩ ।

ਪੂਰਨ—ਸਰਬ-ਵਿਆਪਕ । ਪੂਰਿ ਰਹੇ—ਹਰ ਥਾਂ ਮੌਜੂਦ ਹੈ । ਸੰਪੂਰਨ—ਮੁਕੰਮਲ ਤੌਰ ਤੇ । ਸੰਗਿ—(ਤੇਰੇ) ਨਾਲ ।ਅਘਾਏ—ਰੱਜ ਗਏ । ਮਿਲਤ—ਮਿਲਦਿਆਂ, ਮਿਲਣ ਦਾ ਜਤਨ ਕਰਦਿਆਂ । ਮਿਲਿ ਰਹਿਆ—(ਪੂਰਨ ਤੌਰ ਤੇ) ਮਿਲ ਜਾਂਦਾ ਹੈ । ੪ ।

ਅਰਥ :—ਹੇ ਪ੍ਰਭੂ ਪਾਤਿਸ਼ਾਹ ! (ਅਸਾਂ ਜੀਵਾਂ ਦਾ) ਸਿਰਫ਼ ਇਕ ਤੂੰ ਹੀ (ਖਸਮ) ਹੈਂ, ਤੂੰ ਹੀ ਹੈਂ । ਤੇਰੀ ਮੇਹਰ ਨਾਲ ਹੀ ਅਸੀ ਸੁਖ ਹਾਸਲ ਕਰਦੇ ਹਾਂ । ੧ । ਰਹਾਉ ।

ਹੇ ਮੇਰੇ ਪ੍ਰਭੂ-ਪਾਤਿਸ਼ਾਹ ! ਤੂੰ ਮੇਰੇ ਦਿਲ ਦੀ ਜਾਣਨ ਵਾਲਾ ਹੈਂ, ਤੂੰ ਸਦਾ ਕਾਇਮ ਰਹਿਣ ਵਾਲਾ ਹੈਂ, ਤੂੰ ਹੀ ਮੇਰੀ ਜਾਤ ਹੈਂ, ਤੂੰ ਹੀ ਮੇਰੀ ਕੁਲ ਹੈਂ (ਉੱਚੀ ਜਾਤਿ ਕੁਲ ਦਾ ਮਾਣ ਹੋਣ ਦੇ ਥਾਂ ਮੈਨੂੰ ਇਹੀ ਭਰੋਸਾ ਹੈ ਕਿ ਤੂੰ ਹੀ ਹਰ ਵੇਲੇ ਮੇਰੇ ਅੰਗ-ਸੰਗ ਹੈਂ) । ਹੇ ਪਾਤਿਸ਼ਾਹ ! ਮਾਇਆ ਦੇ ਝਕੋਲੇ ਤੇਰੇ ਉਤੇ ਅਸਰ ਨਹੀਂ ਕਰ ਸਕਦੇ, ਤੂੰ (ਮਾਇਆ ਦੇ ਟਾਕਰੇ ਤੇ) ਕਦੇ ਡੋਲਦਾ ਨਹੀਂ (ਜੇ ਮੇਰੇ ਉਤੇ ਤੇਰੀ ਕਿਰਪਾ ਰਹੇ ਤਾਂ) ਮੈਨੂੰ ਭੀ ਕੋਈ ਚਿੰਤਾ-ਫ਼ਿਕਰ ਪੋਹ ਨਹੀਂ ਸਕਦਾ । ੧ ।

ਹੇ ਮੇਰੇ ਪ੍ਰਭੂ-ਪਾਤਿਸ਼ਾਹ ! ਤੂੰ ਸਮੁੰਦਰ ਹੈਂ, ਅਸੀ ਤੇਰੇ ਹੰਸ ਹਾਂ, ਤੇਰੇ (ਚਰਨਾਂ) ਵਿਚ ਰਹਿ ਕੇ (ਤੇਰੀ ਸਿਫ਼ਤਿ ਸਾਲਾਹ ਦੇ) ਮੋਤੀ ਤੇ ਲਾਲ ਪ੍ਰਾਪਤ ਕਰਦੇ ਹਾਂ । (ਇਹ ਮੋਤੀ ਲਾਲ) ਤੂੰ ਸਾਨੂੰ ਦੇਂਦਾ ਹੈਂ (ਸਾਡੇ ਔਗਣਾਂ ਵਲ ਤੱਕ ਕੇ) ਤੂੰ ਦੇਣੋਂ ਰਤਾ ਭਰ ਭੀ ਝਿਜਕ ਨਹੀਂ ਕਰਦਾ । ਅਸੀ ਜੀਵ ਉਹ ਮੋਤੀ ਲਾਲ ਸਦਾ ਵਰਤਦੇ ਹਾਂ ਤੇ ਪ੍ਰਸੰਨ ਰਹਿੰਦੇ ਹਾਂ । ੨ ।

ਹੇ ਮੇਰੇ ਪ੍ਰਭੂ-ਪਾਤਿਸ਼ਾਹ ! ਅਸੀ ਜੀਵ ਤੇਰੇ ਬੱਚੇ ਹਾਂ, ਤੂੰ ਸਾਡਾ ਪਿਉ ਹੈਂ,

ਤੂੰ ਸਾਡੇ ਮੂੰਹ ਵਿਚ ਦੁੱਧ ਪਾਂਦਾ ਹੈਂ। (ਤੇਰੀ ਗੋਦ ਵਿਚ) ਅਸੀ ਖੇਡਦੇ ਹਾਂ, ਸਾਰੇ ਲਾਡ ਕਰਦੇ ਹਾਂ, ਤੂੰ ਗੁਣਾਂ ਦਾ ਮਾਲਕ ਸਦਾ ਗੰਭੀਰ ਰਹਿੰਦਾ ਹੈਂ (ਅਸਾਂ ਬੱਚਿਆਂ ਦੇ ਔਗਣਾਂ ਵਲ ਨਹੀਂ ਤੱਕਦਾ)। ੩।

ਹੇ ਮੇਰੇ ਪ੍ਰਭੂ-ਪਾਤਿਸ਼ਾਹ! ਤੂੰ ਸਰਬ-ਵਿਆਪਕ ਹੈਂ, ਮੁਕੰਮਲ ਤੌਰ ਤੇ ਹਰ ਥਾਂ ਮੌਜੂਦ ਹੈਂ, ਅਸੀ ਜੀਵ ਭੀ ਤੇਰੇ ਚਰਨਾਂ ਵਿਚ ਰਹਿ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜੇ ਰਹਿੰਦੇ ਹਾਂ। ਹੇ ਨਾਨਕ! (ਆਖ—ਪ੍ਰਭੂ-ਪਾਤਿਸ਼ਾਹ ਦੀ ਮੇਹਰ ਨਾਲ ਜੇਹੜਾ ਜੀਵ ਉਸ ਪ੍ਰਭੂ ਨੂੰ) ਮਿਲਣ ਦਾ ਜਤਨ ਹਰ ਵੇਲੇ ਕਰਦਾ ਰਹਿੰਦਾ ਹੈ, ਉਹ ਹਰ ਵੇਲੇ ਉਸ ਵਿਚ ਮਿਲਿਆ ਰਹਿੰਦਾ ਹੈ, ਤੇ, ਉਸ ਜੀਵ ਦੀ ਉੱਚੀ ਆਤਮਕ ਅਵਸਥਾ ਦਾ ਬਿਆਨ ਨਹੀਂ ਕੀਤਾ ਜਾ ਸਕਦਾ। ੪। ੬।

ਰਾਮਕਲੀ ਮਹਲਾ ੫ ।। ਕਰ ਕਰਿ ਤਾਲ ਪਖਾਵਜੁ ਨੈਨਹੁ ਮਾਥੈ ਵਜਹਿ ਰਬਾਬਾ ॥ ਕਰਨਹੁ ਮਧੁ ਬਾਸੁਰੀ ਬਾਜੈ ਜਿਹਵਾ ਧੁਨਿ ਆਗਾਜਾ ॥ ਨਿਰਤਿ ਕਰੇ ਕਰਿ ਮਨੂਆ ਨਾਚੈ ਆਣੇ ਘੂਘਰ ਸਾਜਾ ॥ ੧ ॥ ਰਾਮ ਕੋ ਨਿਰਤਿਕਾਰੀ ।। ਪੇਖੈ ਪੇਖਨਹਾਰੁ ਦਇਆਲਾ ਜੇਤਾ ਸਾਜੁ ਸੀਗਾਰੀ ।। ੧ ।। ਰਹਾਉ ॥ ਆਖਰ ਮੰਡਲੀ ਧਰਣਿ ਸਬਾਈ ਊਪਰਿ ਗਗਨੁ ਚੰਦੋਆ॥ ਪਵਨੁ ਵਿਚੋਲਾ ਕਰਤ ਇਕੇਲਾ ਜਲ ਤੇ ਓਪਤਿ ਹੋਆ ।। ਪੰਚ ਤਤੁ ਕਰਿ ਪੁਤਰਾ ਕੀਨਾ ਕਿਰਤ ਮਿਲਾਵਾ ਹੋਆ ॥ ੨ ॥ ਚੰਦੁ ਸੂਰਜੁ ਦੁਇ ਜਰੇ ਚਰਾਗਾ ਚਹੁ ਕੁੰਟ ਭੀਤਰਿ ਰਾਖੇ॥ਦਸ ਪਾਤਉ ਪੰਚ ਸੰਗੀਤਾ ਏਕੈ ਭੀਤਰਿ ਸਾਥੇ ।। ਭਿੰਨ ਭਿੰਨ ਹੁਇ ਭਾਵ ਦਿਖਾਵਹਿ ਸਭਹੁ ਨਿਰਾਰੀ ਭਾਖੇ ॥ ੩ ॥ ਘਰਿ ਘਰਿ ਨਿਰਤਿ ਹੋਵੈ ਦਿਨੁ ਰਾਤੀ ਘਟਿ ਘਟਿ ਵਾਜੈ ਤੂਰਾ ॥ ਏਕਿ ਨਚਾਵਹਿ ਏਕਿ ਭਵਾਵਹਿ ਇਕਿ ਆਇ ਜਾਇ ਹੋਇ ਧੂਰਾ ।। ਕਹੁ ਨਾਨਕ ਸੋ ਬਹੁਰਿ ਨ ਨਾਚੈ ਜਿਸੁ ਗੁਰੁ ਭੇਟੈ ਪੂਰਾ ॥ ੪ ॥ ੭ ॥ [ਪੰਨਾ ੮੮੪]

ਪਦ ਅਰਥ :—ਕਰ—ਹੱਥ [ਬਹੁ ਵਚਨ। ਕਰੁ—ਇਕ ਹੱਥ]। ਕਰਿ—[ਕ੍ਰਿਆ] ਕਰ ਕੇ, ਬਣਾ ਕੇ। ਤਾਲ—ਛੈਣੇ। ਪਖਾਵਜੁ—ਜੋੜੀ, ਤਬਲਾ। ਨੈਨਹੁ—ਅੱਖਾਂ ਨੂੰ। ਮਾਥੈ—(ਹਰੇਕ ਜੀਵ ਦੇ) ਮੱਥੇ ਉੱਤੇ (ਲਿਖੇ ਲੇਖ)। ਵਜਹਿ—ਵੱਜਦੇ ਹਨ। ਕਰਨਹੁ—ਕੰਨਾਂ ਵਿਚ। ਮਧੁ—ਮਧੁਰ, ਮਿੱਠੀ। ਬਾਸੁਰੀ—ਬੰਸਰੀ। ਜਿਹਵਾ—ਜੀਭ। ਧੁਨਿ—[ਧ੍ਵਨਿ] ਆਵਾਜ਼, ਲਗਨ। ਆਗਾਜਾ—ਗੱਜਦੀ ਹੈ। ਨਿਰਤਿ—ਨਾਚ। ਕਰੇ ਕਰਿ—ਕਰਿ ਕਰਿ, ਕਰ ਕਰ ਕੇ। ਨਾਚੈ—ਨੱਚਦਾ ਹੈ।ਨਿਰਤਿ......ਨਾਚੈ—ਮਨ ਹਰ ਵੇਲੇ ਨੱਚਦਾ ਹੈ। ਆਣੇ—ਆਣਿ, ਲਿਆ ਕੇ, ਪਹਿਨ ਕੇ। ਘੂਘਰ—ਘੁੰਘਰੂ। ੧।

ਕੋ—ਦੀ । ਨਿਰਤਿਕਾਰੀ—ਨਾਚ । ਪੇਖੈ—ਵੇਖਦਾ ਹੈ । ਪੇਖਨਹਾਰੁ—ਵੇਖਣ ਦੀ ਸਮਰਥਾ ਵਾਲਾ । ਜੇਤਾ—ਜਿਤਨਾ ਹੀ, ਸਾਰਾ ਹੀ । ਸੀਗਾਰੀ—ਸਿੰਗਾਰ । ੧। ਰਹਾਉ ।

ਆਖਾਰ ਮੰਡਲੀ—(ਨਿਰਤਿਕਾਰੀ ਵਾਲਾ) ਅਖਾੜਾ । ਧਰਣਿ—ਧਰਤੀ । ਸਬਾਈ—ਸਾਰੀ । ਗਗਨੁ—ਆਕਾਸ਼ । ਪਵਨੁ—ਹਵਾ, ਸੁਆਸ । ਵਿਚੋਲਾ—(ਜਿੰਦ ਤੇ ਸਰੀਰ ਦਾ) ਮਿਲਾਪ ਕਰਾਈ ਰੱਖਣ ਵਾਲਾ । ਜਲ ਤੇ—ਪਾਣੀ ਤੋਂ, ਪਿਤਾ ਦੀ ਬੂੰਦ ਤੋਂ । ਓਪਤਿ—ਉਤਪੱਤੀ । ਕਰਿ—ਕਰ ਕੇ । ਪੁਤਰਾ—ਸਰੀਰ, ਪੁਤਲਾ । ਕਿਰਤ—(ਪਿਛਲੇ ਜਨਮਾਂ ਦੇ) ਕੀਤੇ ਹੋਏ ਕਰਮਾਂ ਅਨੁਸਾਰ । ੨ ।

ਦੁਇ—ਦੋਵੇਂ । ਜਰੇ—ਬਲ ਰਹੇ ਹਨ। ਚਰਾਗਾ—ਦੀਵੇ ।ਚਹੁ ਕੁੰਟ ਭੀਤਰਿ—ਚੌਹੁਆਂ ਕੂਟਾਂ ਵਿਚ, ਸਾਰੀ ਸ੍ਰਿਸ਼ਟੀ ਵਿਚ । ਪਾਤਉ—ਪਾਤਰ । ਦਸ ਪਾਤਉ—ਦਸ ਪਾਤਰ, ਦਸ ਇੰਦ੍ਰੇ ।ਪੰਚ—ਪੰਜ (ਕਾਮਾਦਿਕ) । ਸੰਗੀਤਾ—ਡੂੰਮ । ਏਕੈ ਭੀਤਰਿ—ਇਕ (ਸਰੀਰ) ਵਿਚ ਹੀ । ਸਾਥੇ—ਇਕੱਠੇ । ਹੁਇ—ਹੋ ਕੇ । ਭਿੰਨ—ਵੱਖਰੇ । ਦਿਖਾਵਹਿ—ਵਿਖਾਂਦੇ ਹਨ। ਸਭਹੁ—ਸਭਨਾਂ ਵਿਚ । ਨਿਰਾਰੀ—ਨਿਰਾਲੀ, ਵੱਖਰੀ । ਭਾਖੈ—ਬੋਲੀ, ਪ੍ਰੇਰਨਾ, ਕਾਮਨਾ। ੩ ।

ਘਰਿ ਘਰਿ—ਹਰੇਕ ਘਰ ਵਿਚ, ਹਰੇਕ ਇੰਦ੍ਰੇ ਵਿਚ ।ਘਟਿ ਘਟਿ—ਹਰੇਕ ਸਰੀਰ ਵਿਚ । ਤੂਰਾ—(ਮਾਇਆ ਦਾ) ਵਾਜਾ । ਏਕਿ—('ਏਕ' ਤੋਂ ਬਹੁ ਵਚਨ] ਮਾਇਆ ਦੇ ਕਈ ਵਾਜੇ । ਨਚਾਵਹਿ—(ਜੀਵਾਂ ਨੂੰ) ਨਚਾਂਦੇ ਹਨ । ਭਵਾਵਹਿ—ਭਟਕਾਂਦੇ ਫਿਰਦੇ ਹਨ। ਇਕਿ—ਬੇਅੰਤ ਜੀਵ । ਹੋਇ ਧੂਰਾ—ਮਿੱਟੀ ਹੋ ਕੇ, ਰੁਲ ਕੇ, ਖ਼ੁਆਰ ਹੋ ਕੇ । ਆਇ—ਆ ਕੇ । ਜਾਇ—ਜਾ ਕੇ, ਮਰ ਕੇ । ਆਇ ਜਾਇ—ਜਨਮ ਮਰਨ ਦੇ ਗੇੜ ਵਿਚ ਪੈ ਕੇ। ਨਾਨਕ—ਹੇ ਨਾਨਕ ! ਬਹੁਰਿ—ਮੁੜ ਮੁੜ । ਜਿਸੁ ਭੇਟੈ—ਜਿਸ ਨੂੰ ਮਿਲ ਪੈਂਦਾ ਹੈ । ੪ ।

ਅਰਥ :—(ਹੇ ਭਾਈ ! ਜਗਤ ਵਿਚ) ਪਰਮਾਤਮਾ (ਦੀ ਰਚੀ ਰਚਨਾ) ਦਾ ਨਾਚ ਹੋ ਰਿਹਾ ਹੈ । (ਇਸ ਨਾਚ ਨੂੰ) ਵੇਖਣ ਦੀ ਸਮਰਥਾ ਵਾਲਾ ਦਇਆਵਾਨ ਪ੍ਰਭੂ (ਨਾਚ ਦੇ) ਇਸ ਸਾਰੇ ਸਾਜ ਸਿੰਗਾਰ ਨੂੰ ਆਪ ਵੇਖ ਰਿਹਾ ਹੈ । ੧ । ਰਹਾਉ ।

ਹੇ ਭਾਈ ! (ਹਰੇਕ ਜੀਵ ਦੇ) ਮੱਥੇ ਉਤੇ (ਲਿਖੇ ਲੇਖ, ਮਾਨੋ,) ਰਬਾਬ ਵੱਜ ਰਹੇ ਹਨ, (ਹਰੇਕ ਜੀਵ ਦੇ) ਕੰਨਾਂ ਵਿਚ (ਮਾਇਆ ਦੀ ਹੀ ਸ੍ਰੋਤ, ਮਾਨੋ,) ਮਿੱਠੀ (ਸੁਰ ਵਾਲੀ) ਬੰਸਰੀ ਵੱਜ ਰਹੀ ਹੈ, (ਹਰੇਕ ਜੀਵ ਨੂੰ) ਜੀਭ ਦਾ ਚਸਕਾ (ਮਾਨੋ) ਰਾਗ ਹੋ ਰਿਹਾ ਹੈ । (ਹੱਥ ਮਾਇਆ ਕਮਾਣ ਵਿਚ ਲੱਗੇ ਪਏ ਹਨ, ਅੱਖਾਂ ਮਾਇਕ ਪਦਾਰਥਾਂ ਨੂੰ ਹੀ ਵੇਖ ਰਹੀਆਂ ਹਨ) । (ਹਰੇਕ ਮਨੁੱਖ ਦਾ) ਮਨ(ਰਬਾਬ, ਬੰਸਰੀ ਆਦਿਕ ਇਹਨਾਂ ਸਾਜਾਂ ਦੇ ਨਾਲ) (ਮਨੁੱਖ ਦੇ) ਹੱਥਾਂ ਨੂੰ ਛੈਣੇ ਬਣਾ ਕੇ ਅਤੇ ਅੱਖਾਂ ਨੂੰ ਤਬਲਾ ਬਣਾ ਕੇ;

(ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਨੂੰ) ਘੁੰਘਰੂ ਆਦਿਕ ਸਾਜ ਬਣਾ ਕੇ ਹਰ ਵੇਲੇ (ਮਾਇਆ ਦੇ ਹੱਥਾਂ ਤੇ) ਨੱਚ ਰਿਹਾ ਹੈ। ੧।

(ਹੇ ਭਾਈ ! ਸਭ ਜੀਵਾਂ ਦੇ ਮਨਾਂ ਦੇ ਨੱਚਣ ਵਾਸਤੇ) ਸਾਰੀ ਧਰਤੀ ਅਖਾੜਾ ਬਣੀ ਹੋਈ ਹੈ, ਇਸ ਦੇ ਉੱਪਰ ਆਕਾਸ਼-ਚੰਦੋਆ ਬਣਿਆ ਤਣਿਆ ਹੋਇਆ ਹੈ।(ਜੇਹੜਾ ਸਰੀਰ) ਪਾਣੀ ਤੋਂ ਪੈਦਾ ਹੁੰਦਾ ਹੈ (ਉਸ ਦਾ ਅਤੇ ਜਿੰਦ ਦਾ) ਮਿਲਾਪ ਕਰਾਈ ਰੱਖਣ ਵਾਲਾ (ਹਰੇਕ ਜੀਵ ਦੇ ਅੰਦਰ ਚੱਲ ਰਿਹਾ ਹਰੇਕ) ਸੁਆਸ ਹੈ। ਪੰਜ ਤੱਤਾਂ ਨੂੰ ਮਿਲਾ ਕੇ (ਪਰਮਾਤਮਾ ਨੇ ਹਰੇਕ ਜੀਵ ਦਾ) ਸਰੀਰ ਬਣਾਇਆ ਹੋਇਆ ਹੈ। (ਜੀਵ ਦੇ ਪਿਛਲੇ ਕੀਤੇ ਹੋਏ) ਕਰਮਾਂ ਅਨੁਸਾਰ ਸਰੀਰ ਦਾ ਮਿਲਾਪ ਪ੍ਰਾਪਤ ਹੋਇਆ ਹੋਇਆ ਹੈ। ੨।

(ਹੇ ਭਾਈ ! ਨਿਰਤ-ਕਾਰੀ ਵਾਲੇ ਇਸ ਧਰਤਿ-ਅਖਾੜੇ ਵਿਚ) ਚੰਦ ਅਤੇ ਸੂਰਜ ਦੋ ਦੀਵੇ ਬਲ ਰਹੇ ਹਨ, ਚੌਹੀਂ ਪਾਸੀਂ (ਚਾਨਣ ਦੇਣ ਲਈ) ਟਿਕਾਏ ਹੋਏ ਹਨ। (ਹਰੇਕ ਜੀਵ ਦੇ) ਦਸ ਇੰਦ੍ਰੇ ਅਤੇ ਪੰਜ (ਕਾਮਾਦਿਕ) ਡੂਮ ਇਕੋ ਸਰੀਰ ਵਿਚ ਹੀ ਇਕੱਠੇ ਹਨ। ਇਹ ਸਾਰੇ ਵੱਖ ਵੱਖ ਹੋ ਕੇ ਆਪੋ ਆਪਣੇ ਭਾਵ (ਕਲੋਲ) ਵਿਖਾ ਰਹੇ ਹਨ, ਸਭਨਾਂ ਵਿਚ ਵੱਖਰੀ ਵੱਖਰੀ ਪ੍ਰੇਰਨਾ (ਕਾਮਨਾ) ਹੈ। ੩।

ਹੇ ਭਾਈ ! ਦਿਨ ਰਾਤ ਹਰੇਕ (ਜੀਵ ਦੇ ਹਰੇਕ) ਇੰਦ੍ਰੇ ਵਿਚ ਇਹ ਨਾਚ ਹੋ ਰਿਹਾ ਹੈ। ਹਰੇਕ ਸਰੀਰ ਵਿਚ ਮਾਇਆ ਦਾ ਵਾਜਾ ਵੱਜ ਰਿਹਾ ਹੈ। ਮਾਇਆ ਦੇ ਕਈ ਵਾਜੇ ਜੀਵਾਂ ਨੂੰ ਨਚਾ ਰਹੇ ਹਨ, ਕਈ ਵਾਜੇ ਜੀਵਾਂ ਨੂੰ ਭਟਕਾਂਦੇ ਫਿਰਦੇ ਹਨ, ਬੇਅੰਤ ਜੀਵ (ਇਹਨਾਂ ਦੇ ਪ੍ਰਭਾਵ ਹੇਠ) ਖ਼ੁਆਰ ਹੋ ਹੋ ਕੇ ਜਨਮ ਮਰਨ ਦੇ ਗੇੜ ਵਿਚ ਪੈ ਰਹੇ ਹਨ। ਹੇ ਨਾਨਕ ! ਆਖ—ਜਿਸ ਜੀਵ ਨੂੰ ਪੂਰਾ ਗੁਰੂ ਮਿਲ ਪੈਂਦਾ ਹੈ, ਉਹ (ਮਾਇਆ ਦੇ ਹੱਥਾਂ ਤੇ) ਮੁੜ ਮੁੜ ਨਹੀਂ ਨੱਚਦਾ। ੪। ੭।

ਰਾਮਕਲੀ ਮਹਲਾ ੫ ॥ ਓਅੰਕਾਰਿ ਏਕ ਧੁਨਿ ਏਕੈ ਏਕੈ ਰਾਗੁ ਅਲਾਪੈ ॥ ਏਕਾ ਦੇਸੀ ਏਕੁ ਦਿਖਾਵੈ ਏਕੋ ਰਹਿਆ ਬਿਆਪੈ ॥ ਏਕਾ ਸੁਰਤਿ ਏਕਾ ਹੀ ਸੇਵਾ ਏਕੋ ਗੁਰ ਤੇ ਜਾਪੈ ॥ ੧ ॥ ਭਲੋ ਭਲੋ ਰੇ ਕੀਰਤਨੀਆ ॥ ਰਾਮ ਰਮਾ ਰਾਮਾ ਗੁਨ ਗਾਉ ॥ ਛੋਡਿ ਮਾਇਆ ਕੇ ਧੰਧ ਸੁਆਉ ॥ ੧ ॥ ਰਹਾਉ ॥ ਪੰਚ ਬਜਿਤ੍ਰ ਕਰੇ ਸੰਤੋਖਾ ਸਾਤ ਸੁਰਾ ਲੈ ਚਾਲੈ॥ ਬਾਜਾ ਮਾਣੁ ਤਾਣੁ ਤਜਿ, ਤਾਨਾ ਪਾਉ ਨ ਬੀਗਾ ਘਾਲੈ ॥ ਫੇਰੀ ਫੇਰੁ ਨ ਹੋਵੈ ਕਬ ਹੀ ਏਕੁ ਸਬਦੁ ਬੰਧਿ ਪਾਲੈ ॥ ੨ ॥ ਨਾਰਦੀ ਨਰਹਰ ਜਾਣਿ ਹਦੂਰੇ ॥ ਘੂੰਘਰ ਖੜਕੁ ਤਿਆਗਿ ਵਿਸੂਰੇ ॥ ਸਹਜ ਅਨੰਦ ਦਿਖਾਵੈ ਭਾਵੈ ॥

ਏਹੁ ਨਿਰਤਿਕਾਰੀ ਜਨਮਿ ਨ ਆਵੈ ॥ ੩ ॥ ਜੇ ਕੋ ਅਪਨੇ ਠਾਕੁਰ ਭਾਵੈ ॥ ਕੋਟਿ ਮਧਿ ਏਹੁ ਕੀਰਤਨੁ ਗਾਵੈ ॥ ਸਾਧ ਸੰਗਤਿ ਕੀ ਜਾਵਉ ਟੇਕ ॥ ਕਹੁ ਨਾਨਕ ਤਿਸੁ ਕੀਰਤਨੁ ਏਕ ॥ ੪ ॥ ੮ ॥ [ਪੰਨਾ ੮੮੫]

ਪਦ ਅਰਥ :–ਏਕੈ ਓਅੰਕਾਰਿ–(ਕੇਵਲ) ਇਕ ਪਰਮਾਤਮਾ ਵਿਚ । ਏਕ ਧੁਨਿ–ਇਕੋ ਲਗਨ, ਹਰ ਵੇਲੇ ਦੀ ਸੁਰਤਿ । ਏਕੈ ਰਾਗੁ–ਇਕ (ਪਰਮਾਤਮਾ ਦੀ ਸਿਫ਼ਤਿ ਸਾਲਾਹ) ਦਾ ਰਾਗੁ । ਅਲਾਪੈ–ਉਚਾਰਦਾ ਹੈ । ਏਕਾ ਦੇਸੀ–(ਸਿਰਫ਼) ਇਕ ਪ੍ਰਭੂ ਦੇ ਦੇਸ ਦਾ ਵਾਸੀ । ਏਕੁ ਦਿਖਾਵੈ–(ਹੋਰਨਾਂ ਨੂੰ ਭੀ) ਇਕ ਪ੍ਰਭੂ ਦਾ ਹੀ ਦਰਸ਼ਨ ਕਰਾਂਦਾ ਹੈ। ਏਕੋ–ਇਕ ਪਰਮਾਤਮਾ ਹੀ । ਏਕਿ ਸੁਰਤਿ–ਇਕ ਪ੍ਰਭੂ ਦਾ ਹੀ ਧਿਆਨ । ਸੇਵਾ–ਭਗਤੀ । ਗੁਰ ਤੇ–ਗੁਰੂ ਤੋਂ । ਜਾਪੈ–ਜਪਦਾ ਹੈ । ੧ । ਰਹਾਉ ।

ਰੇ–ਹੇ ਭਾਈ ! ਭਲੋ ਕੀਰਤਨੀਆ–ਚੰਗਾ ਕੀਰਤਨੀ । ਕੀਰਤਨੀਆ–ਕੀਰਤਨ ਕਰਨ ਵਾਲਾ ਰਾਸਧਾਰੀਆ । ਰਮਾ–ਸਰਬ-ਵਿਆਪਕ । ਗਾਉ–ਗਾਂਦਾ ਹੈ । ਸੁਆਉ–ਸੁਆਰਥ, ਖ਼ੁਦ-ਗਰਜ਼ੀ । ੧ । ਰਹਾਉ ।

ਬਜਿਤ੍ਰੁ–ਵਾਜੇ, ਸਾਜ । ਸੰਤੋਖਾ–ਸਤ ਸੰਤੋਖ ਦਇਆ ਆਦਿਕ ਨੂੰ । ਸਾਤ ਸੁਰਾ–ਸੱਤ (ਸਾ, ਰੇ, ਗਾ, ਮਾ, ਪਾ, ਧਾ, ਨੀ,) ਸੁਰਾਂ । ਲੈ–ਲੀਨਤਾ ਵਿਚ, ਪ੍ਰਭੂ-ਚਰਨਾਂ ਵਿਚ ਮਗਨ ਰਹਿ ਕੇ । ਚਾਲੈ–ਤੁਰਦਾ ਹੈ, ਕਿਰਤ-ਕਾਰ ਕਰਦਾ ਹੈ । ਮਾਨੁ ਤਾਨੁ–ਅਹੰਕਾਰ, ਆਪਣੀ ਤਾਕਤ ਦਾ ਭਰੋਸਾ । ਤਜਿ–ਤਜੇ, ਤਿਆਗਦਾ ਹੈ । ਤਾਨਾ–ਤਾਨ-ਪਲਟਾ । ਬੀਗਾ–ਵਿੰਗਾ । ਪਾਉ ਨ ਬੀਗਾ ਘਾਲੈ–ਵਿੰਗਾ ਪੈਰ ਨਹੀਂ ਧਰਦਾ, ਮੰਦੇ ਪਾਸੇ ਨਹੀਂ ਜਾਂਦਾ । ਫੇਰੀ–ਨਿਰਤਕਾਰੀ ਵੇਲੇ ਭੁਆਂਟਣੀ । ਫੇਰੁ–ਜਨਮ ਮਰਨ ਦਾ ਗੇੜ । ਬੰਧਿ–ਬੰਧੇ, ਬੰਨ੍ਹਦਾ ਹੈ । ਪਾਲੈ–ਪੱਲੇ । ੨ ।

ਨਾਰਦੀ–ਨਾਰਦ ਵਾਲੀ ਨਿਰਤਕਾਰੀ । ਨਰਹਰ–ਪਰਮਾਤਮਾ । ਹਦੂਰੇ–ਹਾਜ਼ਰ ਨਾਜ਼ਰ, ਅੰਗ-ਸੰਗ । ਘੂੰਘਰ ਖੜਕੁ–ਘੁੰਘਰੂਆਂ ਦਾ ਖੜਾਕ । ਵਿਸੂਰ–ਚਿੰਤਾ-ਝੋਰੇ । ਸਹਜ ਅਨੰਦ–ਆਤਮਕ ਅਡੋਲਤਾ ਦਾ ਆਨੰਦ । ਭਾਵੈ–ਹਾਵ-ਭਾਵ, ਕਲੋਲ । ਨਿਰਤਿਕਾਰੀ–ਨਾਚ, ਮੂਰਤੀ ਦੀ ਪੂਜਾ ਵੇਲੇ ਨਾਚ । ਜਨਮਿ–ਜਨਮ ਵਿਚ । ੩ ।

ਕੋ–ਕੋਈ ਮਨੁੱਖ । ਠਾਕਰੁ ਭਾਵੈ–ਪਰਮਾਤਮਾ ਨੂੰ ਪਿਆਰਾ ਲੱਗਦਾ ਹੈ । ਕੋਟਿ ਮਧਿ–ਕ੍ਰੋੜਾਂ ਵਿਚੋਂ । ਜਾਵਉ–ਜਾਵਉਂ, ਮੈਂ ਜਾਂਦਾ ਹਾਂ । ਟੇਕ–ਸਰਨ । ਤਿਸੁ–ਉਸ (ਸਾਧ ਸੰਗਤਿ) ਦਾ । ਏਕ–ਇਕੋ ਟੇਕ, ਇਕੋ ਆਸਰਾ । ੪ ।

ਅਰਥ :–ਹੇ ਭਾਈ ! ਜੇਹੜਾ ਮਨੁੱਖ ਮਾਇਆ ਦੇ ਧੰਧੇ ਛੱਡ ਕੇ, ਮਾਇਆ ਦੀ ਗਰਜ਼ ਛੱਡ ਕੇ, ਸਰਬ-ਵਿਆਪਕ ਪਰਮਾਤਮਾ ਦੇ ਗੁਣ ਗਾਂਦਾ ਹੈ, ਉਹੀ ਹੈ ਸਭ ਤੋਂ ਚੰਗਾ ਰਾਸਧਾਰੀਆ । ੧ । ਰਹਾਉ ।

(ਹੇ ਭਾਈ ! ਪ੍ਰਭੂ ਦੇ ਦਰ ਤੇ ਰਾਸ ਪਾਣ ਵਾਲਾ ਉਹ ਮਨੁੱਖ) ਸਿਰਫ਼ ਇਕ ਪਰਮਾਤਮਾ (ਦੇ ਚਰਨਾਂ) ਵਿਚ ਲਿਵ ਲਾਈ ਰੱਖਦਾ ਹੈ, ਸਿਰਫ਼ ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਂਦਾ ਰਹਿੰਦਾ ਹੈ, ਸਿਰਫ਼ ਪਰਮਾਤਮਾ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ, ਹੋਰਨਾਂ ਨੂੰ ਭੀ ਇਕ ਪਰਮਾਤਮਾ ਦਾ ਹੀ ਉਪਦੇਸ਼ ਕਰਦਾ ਹੈ, (ਉਸ ਰਾਸਧਾਰੀਏ ਨੂੰ) ਇਕ ਪਰਮਾਤਮਾ ਹੀ ਹਰ ਥਾਂ ਵੱਸਦਾ ਦਿੱਸਦਾ ਹੈ। ਉਸ ਦੀ ਸੁਰਤਿ ਸਿਰਫ਼ ਪਰਮਾਤਮਾ ਵਿਚ ਹੀ ਲੱਗੀ ਰਹਿੰਦੀ ਹੈ,ਉਹ ਸਿਰਫ਼ ਪ੍ਰਭੂ ਦੀ ਹੀ ਭਗਤੀ ਕਰਦਾ ਹੈ। ਗੁਰੂ ਪਾਸੋਂ (ਸਿੱਖਿਆ ਲੈ ਕੇ) ਉਹ ਸਿਰਫ਼ ਪਰਮਾਤਮਾ ਦਾ ਹੀ ਨਾਮ ਜਪਦਾ ਰਹਿੰਦਾ ਹੈ। ੧।

(ਹੇ ਭਾਈ ! ਪ੍ਰਭੂ ਦੇ ਦਰ ਦਾ ਰਾਸਧਾਰੀਆ ਸਤ) ਸੰਤੋਖ (ਆਦਿਕ ਗੁਣਾਂ) ਨੂੰ ਪੰਜ (ਕਿਸਮ ਦੇ) ਸਾਜ ਬਣਾਂਦਾ ਹੈ, ਪ੍ਰਭੂ-ਚਰਨਾਂ ਵਿਚ ਲੀਨ ਰਹਿ ਕੇ ਉਹ ਦੁਨੀਆ ਦੀ ਕਿਰਤ-ਕਾਰ ਕਰਦਾ ਹੈ—ਇਹੀ ਉਸ ਵਾਸਤੇ (ਸਾ, ਰੇ ਆਦਿਕ) ਸੱਤ ਸੁਰਾਂ (ਦਾ ਆਲਾਪ ਹੈ)। ਉਹ ਮਨੁੱਖ ਆਪਣੀ ਤਾਕਤ ਦਾ ਭਰੋਸਾ ਤਿਆਗਦਾ ਹੈ—ਇਹੀ ਉਸ ਦਾ ਵਾਜਾ (ਵਜਾਣਾ) ਹੈ। ਉਹ ਮਨੁੱਖ ਮੰਦੇ ਪਾਸੇ ਪੈਰ ਨਹੀਂ ਧਰਦਾ—ਇਹੀ ਉਸ ਵਾਸਤੇ ਤਾਨ-ਪਲਟਾ (ਆਲਾਪ) ਹੈ। ਉਹ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਪੱਲੇ ਬੰਨ੍ਹੀ ਰੱਖਦਾ ਹੈ (ਹਿਰਦੇ ਵਿਚ ਵਸਾਈ ਰੱਖਦਾ ਹੈ। ਇਸ ਸ਼ਬਦ ਦੀ ਬਰਕਤ ਨਾਲ ਉਸ ਨੂੰ) ਕਦੇ ਜਨਮ-ਮਰਨ ਦਾ ਗੇੜ ਨਹੀਂ ਹੁੰਦਾ—ਇਹੀ (ਰਾਸ ਪਾਣ ਵੇਲੇ) ਉਸ ਦੀ ਨਾਚ-ਭੁਆਟਣੀ ਹੈ। ੨।

(ਹੇ ਭਾਈ ! ਪ੍ਰਭੂ ਦੇ ਦਰ ਦਾ ਰਾਸਧਾਰੀਆ) ਪਰਮਾਤਮਾ ਨੂੰ (ਸਦਾ ਆਪਣੇ) ਅੰਗ-ਸੰਗ ਜਾਣਦਾ ਹੈ- ਇਹ ਹੈ ਉਸ ਦੇ ਵਾਸਤੇ ਨਾਰਦ-ਭਗਤੀ ਵਾਲਾ ਨਾਚ। (ਇਸ ਤਰ੍ਹਾਂ) ਉਹ (ਦੁਨੀਆਂ ਦੇ ਸਾਰੇ) ਚਿੰਤਾ-ਝੋਰੇ ਤਿਆਗ ਦੇਂਦਾ ਹੈ—ਇਹ ਹੈ ਉਸ ਲਈ ਘੁੰਘਰੂਆਂ ਦੀ ਛਣਕਾਰ। (ਪ੍ਰਭੂ ਦੇ ਦਰ ਦਾ ਰਾਸਧਾਰੀਆ) ਆਤਮਕ ਅਡੋਲਤਾ ਦਾ ਸੁਖ ਮਾਣਦਾ ਹੈ (ਮਾਨੋ, ਉਹ) ਨਿਰਤਕਾਰੀ ਦੇ ਕਲੋਲ ਵਿਖਾ ਰਿਹਾ ਹੈ। ਹੇ ਭਾਈ ! ਜੇਹੜਾ ਭੀ ਮਨੁੱਖ ਇਹ ਨਿਰਤਕਾਰੀ ਕਰਦਾ ਹੈ, ਉਹ ਜਨਮਾਂ ਦੇ ਗੇੜ ਵਿਚ ਨਹੀਂ ਪੈਂਦਾ। ੩।

ਹੇ ਭਾਈ ! ਜੇ ਕ੍ਰੋੜਾਂ ਵਿਚੋਂ ਕੋਈ ਮਨੁੱਖ ਆਪਣੇ ਪਰਮਾਤਮਾ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਤਾਂ ਉਹ (ਪ੍ਰਭੂ ਦਾ) ਇਹ ਕੀਰਤਨ ਗਾਂਦਾ ਹੈ। ਹੇ ਨਾਨਕ ! ਆਖ—ਮੈਂ ਤਾਂ ਸਾਧ ਸੰਗਤਿ ਦੀ ਸਰਨੀਂ ਪੈਂਦਾ ਹਾਂ, ਕਿਉਂਕਿ ਸਾਧ ਸੰਗਤਿ ਨੂੰ ਕੀਰਤਨ ਹੀ (ਜ਼ਿੰਦਗੀ ਦਾ) ਇਕੋ ਇਕ ਸਹਾਰਾ ਹੈ। ੪। ੮।

ਰਾਮਕਲੀ ਮਹਲਾ ੫ ।। ਕੋਈ ਬੋਲੈ ਰਾਮ ਰਾਮ ਕੋਈ ਖੁਦਾਇ ।।

ਕੋਈ ਸੇਵੈ ਗੁਸਈਆ ਕੋਈ ਅਲਾਹਿ ॥ ੧ ॥ ਕਾਰਣ ਕਰਣ ਕਰੀਮ ॥ ਕਿਰਪਾ ਧਾਰਿ ਰਹੀਮ ॥ ੧ ॥ ਰਹਾਉ ॥ ਕੋਈ ਨਾਵੈ ਤੀਰਥਿ ਕੋਈ ਹਜ ਜਾਇ ॥ ਕੋਈ ਕਰੈ ਪੂਜਾ ਕੋਈ ਸਿਰੁ ਨਿਵਾਇ ॥ ੨ ॥ ਕੋਈ ਪੜੈ ਬੇਦ ਕੋਈ ਕਤੇਬ ॥ ਕੋਈ ਓਢੈ ਨੀਲ ਕੋਈ ਸੁਪੇਦ ॥ ੩ ॥ ਕੋਈ ਕਹੈ ਤੁਰਕੁ ਕੋਈ ਕਹੈ ਹਿੰਦੂ ॥ ਕੋਈ ਬਾਛੈ ਭਿਸਤੁ ਕੋਈ ਸੁਰਗਿੰਦੂ ॥੪॥ ਕਹੁ ਨਾਨਕ ਜਿਨਿ ਹੁਕਮੁ ਪਛਾਤਾ ॥ ਪ੍ਰਭ ਸਾਹਿਬ ਕਾ ਤਿਨਿ ਭੇਦੁ ਜਾਤਾ ॥੫॥੯॥
[ਪੰਨਾ ੮੮੫]

ਪਦ ਅਰਥ :–ਗੁਸਈਆ–ਗੋਸਾਈਂ । ਅਲਾਇ–ਅੱਲਾ । ੧ ।

ਕਾਰਣ ਕਰਣ–ਜਗਤ ਦਾ ਕਾਰਣ, ਜਗਤ ਦਾ ਮੂਲ । ਕਰਣ–ਜਗਤ । ਕਰਮੁ–ਬਖ਼ਸ਼ਸ਼ । ਕਰੀਮ–ਬਖ਼ਸ਼ਸ਼ ਕਰਨ ਵਾਲਾ । ਕਿਰਪਾ ਧਾਰਿ–ਕਿਰਪਾ-ਧਾਰਿ, ਕਿਰਪਾ ਕਰਨ ਵਾਲਾ । ਰਹੀਮ–ਰਹਿਮ ਕਰਨ ਵਾਲਾ । ੧ । ਰਹਾਉ ।

ਨਾਵੈ–ਨ੍ਹਾਵੈ, ਇਸ਼ਨਾਨ ਕਰਦਾ ਹੈ । ਤੀਰਥਿ–ਤੀਰਥ ਉੱਤੇ । ਹਜ ਜਾਇ–ਕਾਅਬੇ ਦਾ ਦਰਸ਼ਨ ਕਰਨ ਜਾਂਦਾ ਹੈ । ਸਿਰੁ ਨਿਵਾਇ–ਨਮਾਜ਼ ਪੜ੍ਹਦਾ ਹੈ । ੨ ।

ਕਤੇਬ–ਕੁਰਾਨ ਅੰਜੀਲ ਆਦਿਕ ਪੱਛਮੀ ਧਰਮਾਂ ਦੇ ਧਾਰਮਿਕ ਗ੍ਰੰਥ । ਓਢੈ–ਪਹਿਨਦਾ ਹੈ । ਨੀਲ–ਨੀਲੇ ਕੱਪੜੇ । ਸੁਪੇਦ–ਚਿੱਟੇ ਕੱਪੜੇ । ੩ ।

ਤੁਰਕੁ–ਮੁਸਲਮਾਨ । ਬਾਛੈ–ਮੰਗਦਾ ਹੈ, ਚਾਹੁੰਦਾ ਹੈ । ਭਿਸਤੁ–ਬਹਿਸ਼ਤ । ਸੁਰਗਿੰਦੂ–ਸੁਰਗ-ਇੰਦੂ, ਇੰਦਰ ਦੇਵਤੇ ਦਾ ਸੁਰਗ । ੪ ।

ਜਿਨਿ–ਜਿਸ (ਮਨੁੱਖ) ਨੇ । ਤਿਨਿ–ਉਸ (ਮਨੁੱਖ) ਨੇ । ੫ ।

ਅਰਥ :–ਹੇ ਸਾਰੇ ਜਗਤ ਦੇ ਮੂਲ ! ਹੇ ਬਖ਼ਸ਼ਿੰਦ ! ਹੇ ਕਿਰਪਾਲ ! ਹੇ ਰਹਿਮ ਕਰਨ ਵਾਲੇ ! (ਜੀਵਾਂ ਨੇ ਆਪੋ ਆਪਣੇ ਧਰਮ-ਪੁਸਤਕਾਂ ਦੀ ਬੋਲੀ ਅਨੁਸਾਰ ਤੇਰੇ ਵਖ ਵਖ ਨਾਮ ਰੱਖੇ ਹੋਏ ਹਨ, ਪਰ ਤੂੰ ਸਭ ਦਾ ਸਾਂਝਾ ਹੈਂ) । ੧ । ਰਹਾਉ ।

ਹੇ ਭਾਈ ! ਕੋਈ ਮਨੁੱਖ (ਪਰਮਾਤਮਾ ਦਾ ਨਾਮ) 'ਰਾਮ ਰਾਮ' ਉਚਾਰਦਾ ਹੈ, ਕੋਈ ਉਸ ਨੂੰ 'ਖ਼ੁਦਾਇ, ਖ਼ੁਦਾਇ' ਆਖਦਾ ਹੈ । ਕੋਈ ਮਨੁੱਖ ਉਸ ਨੂੰ 'ਗੋਸਾਈਂ' ਆਖ ਕੇ ਉਸ ਦੀ ਭਗਤੀ ਕਰਦਾ ਹੈ, ਕੋਈ 'ਅੱਲਾ' ਆਖ ਕੇ ਬੰਦਗੀ ਕਰਦਾ ਹੈ । ੧ ।

ਹੇ ਭਾਈ ! ਕੋਈ ਮਨੁੱਖ ਕਿਸੇ ਤੀਰਥ ਉਤੇ ਇਸ਼ਨਾਨ ਕਰਦਾ ਹੈ, ਕੋਈ ਮਨੁੱਖ (ਮੱਕੇ) ਹੱਜ ਕਰਨ ਵਾਸਤੇ ਜਾਂਦਾ ਹੈ । ਕੋਈ ਮਨੁੱਖ (ਪ੍ਰਭੂ ਦੀ ਮੂਰਤੀ ਬਣਾ ਕੇ) ਪੂਜਾ ਕਰਦਾ ਹੈ, ਕੋਈ ਨਮਾਜ਼ ਪੜ੍ਹਦਾ ਹੈ । ੨ ।

ਹੇ ਭਾਈ ! ਕੋਈ (ਹਿੰਦੂ) ਵੇਦ ਆਦਿਕ ਧਰਮ-ਪੁਸਤਕ ਪੜ੍ਹਦਾ ਹੈ, ਕੋਈ (ਮੁਸਲਮਾਨ ਆਦਿਕ) ਕੁਰਾਨ ਅੰਜੀਲ ਆਦਿਕ ਪੜ੍ਹਦਾ ਹੈ । ਕੋਈ (ਮੁਸਲਮਾਨ ਹੋ

ਕੇ) ਨੀਲੇ ਕੱਪੜੇ ਪਹਿਨਦਾ ਹੈ, ਕੋਈ (ਹਿੰਦੂ) ਚਿੱਟੇ ਬਸਤ੍ਰ ਪਾਂਦਾ ਹੈ। ੩।

ਹੇ ਭਾਈ! ਕੋਈ ਮਨੁੱਖ ਆਖਦਾ ਹੈ 'ਮੈਂ ਮੁਸਲਮਾਨ ਹਾਂ', ਕੋਈ ਆਖਦਾ ਹੈ 'ਮੈਂ ਹਿੰਦੂ ਹਾਂ'। ਕੋਈ ਮਨੁੱਖ (ਪਰਮਾਤਮਾ ਪਾਸੋਂ) ਬਹਿਸ਼ਤ ਮੰਗਦਾ ਹੈ, ਕੋਈ ਸੁਰਗ ਮੰਗਦਾ ਹੈ। ੪।

ਹੇ ਨਾਨਕ! ਆਖ–ਜਿਸ ਮਨੁੱਖ ਨੇ ਪਰਮਾਤਮਾ ਦਾ ਹੁਕਮ ਪਛਾਣਿਆ ਹੈ, ਉਸ ਨੇ ਮਾਲਕ-ਪ੍ਰਭੂ ਦਾ ਭੇਤ ਪਾ ਲਿਆ ਹੈ (ਕਿ ਉਸ ਨੂੰ ਕਿਵੇਂ ਪ੍ਰਸੰਨ ਕਰ ਸਕੀਦਾ ਹੈ)। ।੯।

ਰਾਮਕਲੀ ਮਹਲਾ ੫ ।। ਪਵਨੈ ਮਹਿ ਪਵਨੁ ਸਮਾਇਆ ।। ਜੋਤੀ ਮਹਿ ਜੋਤਿ ਰਲਿ ਜਾਇਆ ।। ਮਾਟੀ ਮਾਟੀ ਹੋਈ ਏਕ ।। ਰੋਵਨਹਾਰੇ ਕੀ ਕਵਨ ਟੇਕ ॥ ੧ ॥ ਕਉਨੁ ਮੂਆ ਰੇ ਕਉਨੁ ਮੂਆ ॥ ਬ੍ਰਹਮ ਗਿਆਨੀ ਮਿਲਿ ਕਰਹੁ ਬੀਚਾਰਾ ਇਹੁ ਤਉ ਚਲਤੁ ਭਇਆ ।। ੧ ।। ਰਹਾਉ ।। ਅਗਲੀ ਕਿਛੁ ਖਬਰਿ ਨ ਪਾਈ ।। ਰੋਵਨਹਾਰੁ ਭਿ ਊਠਿ ਸਿਧਾਈ ।। ਭਰਮ ਮੋਹ ਕੇ ਬਾਂਧੇ ਬੰਧ ।। ਸੁਪਨੁ ਭਇਆ ਭਖਲਾਏ ਅੰਧ ।। ੨ ।। ਇਹੁ ਤਉ ਰਚਨੁ ਰਚਿਆ ਕਰਤਾਰਿ ।। ਆਵਤ ਜਾਵਤ ਹੁਕਮਿ ਅਪਾਰਿ ।। ਨਹ ਕੋ ਮੂਆ ਨ ਮਰਣੈ ਜੋਗੁ ।। ਨਹ ਬਿਨਸੈ ਅਬਿਨਾਸੀ ਹੋਗੁ ॥ ੩ ॥ ਜੋ ਇਹੁ ਜਾਣਹੁ ਸੋ ਇਹੁ ਨਾਹਿ ।। ਜਾਨਣਹਾਰੇ ਕਉ ਬਲਿ ਜਾਉ ।। ਕਹੁ ਨਾਨਕ ਗੁਰਿ ਭਰਮੁ ਚੁਕਾਇਆ ।। ਨਾ ਕੋਈ ਮਰੈ ਨ ਆਵੈ ਜਾਇਆ ॥੪॥੧੦॥ [ਪੰਨਾ ੮੮੫]

ਪਦ ਅਰਥ :–ਪਵਨੈ ਮਹਿ–ਹਵਾ ਵਿਚ ਹੀ। ਪਵਨੁ–ਹਵਾ, ਸੁਆਸ। ਸਮਾਇਆ–ਮਿਲ ਜਾਂਦਾ ਹੈ। ਕਵਨ ਟੇਕ–ਕੇਹੜਾ ਆਸਰਾ? ਭੁਲੇਖੇ ਦੇ ਕਾਰਨ ਹੀ ।੧।

ਰੇ–ਹੇ ਭਾਈ! ਕਉਨੁ ਮੂਆ–(ਅਸਲ ਵਿਚ) ਕੋਈ ਭੀ ਨਹੀਂ ਮਰਦਾ। ਬ੍ਰਹਮ ਗਿਆਨੀ–ਪਰਮਾਤਮਾ ਨਾਲ ਡੂੰਘੀ ਸਾਂਝ ਪਾਨ ਵਾਲਾ ਮਨੁੱਖ, ਗੁਰਮੁਖ, ਗੁਰੂ। ਮਿਲਿ –ਮਿਲ ਕੇ। ਤਉ–ਤਾਂ। ਚਲਤੁ–ਖੇਡ, ਤਮਾਸ਼ਾ। ੧। ਰਹਾਉ।

ਅਗਲੀ–ਅਗਾਂਹ ਵਰਤਣ ਵਾਲੀ। ਊਠਿ–ਉੱਠ ਕੇ। ਸਿਧਾਈ–ਚਲਾ ਜਾਂਦਾ ਹੈ। ਬੰਧ–ਬੰਧਨ। ਭਖਲਾਏ–ਬਰੜਾਉਂਦਾ ਹੈ। ਅੰਧ–(ਮਾਇਆ ਦੇ ਮੋਹ ਵਿਚ) ਅੰਨ੍ਹਾ ਹੋਇਆ ਮਨੁੱਖ। ੨।

ਕਰਤਾਰਿ–ਕਰਤਾਰ ਨੇ। ਹੁਕਮਿ–(ਪ੍ਰਭੂ ਦੇ)ਹੁਕਮ ਵਿਚ ਹੀ। ਅਪਾਰਿ ਹੁਕਮਿ–ਕਦੇ ਖ਼ਤਮ ਨਾਂਹ ਹੋਣ ਵਾਲੇ ਹੁਕਮ ਦੀ ਰਾਹੀਂ [ਲਫ਼ਜ਼ 'ਅਪਾਰਿ' ਅਤੇ 'ਹੁਕਮਿ' ਇਕੋ

ਹੀ 'ਕਾਰਕ' (Case) ਵਿਚ ਹਨ] । ੩ ।

ਜੋ–ਜਿਹੋ ਜਿਹਾ । ਜਾਨਹੁ–ਤੁਸੀ ਸਮਝਦੇ ਹੋ । ਇਹੁ–ਇਹ ਜੀਵਾਤਮਾ ਨੂੰ। ਸੋ–ਉਹੋ ਜਿਹਾ । ਕਉ–ਨੂੰ, ਤੋਂ । ਬਲਿ ਜਾਉ–ਬਲਿ ਜਾਉਂ, ਮੈਂ ਸਦਕੇ ਜਾਂਦਾ ਹਾਂ । ਗੁਰਿ –ਗੁਰੂ ਨੇ । ਭਰਮੁ–ਭੁਲੇਖਾ । ਆਵੈ–ਜੰਮਦਾ ਹੈ । ਜਾਇਆ–ਮਰਦਾ ਹੈ । ੪ ।

ਅਰਥ :–ਹੇ ਭਾਈ ! (ਅਸਲ ਵਿਚ) ਕੋਈ ਭੀ ਜੀਵਾਤਮਾ ਮਰਦਾ ਨਹੀਂ, ਇਹ ਪੱਕੀ ਗੱਲ ਹੈ । ਜੇਹੜਾ ਕੋਈ ਗੁਰਮੁਖਿ ਪਰਮਾਤਮਾ ਨਾਲ ਡੂੰਘੀ ਸਾਂਝ ਪਾਂਦਾ ਹੈ ਉਸ ਨੂੰ ਮਿਲ ਕੇ (ਬੇ-ਸ਼ੱਕ) ਵਿਚਾਰ ਕਰ ਲਵੋ, (ਜੰਮਣ ਮਰਨ ਵਾਲੀ ਤਾਂ) ਇਹ ਇਕ ਖੇਡ ਬਣੀ ਹੋਈ ਹੈ । ੧ । ਰਹਾਉ ।

(ਹੇ ਭਾਈ ! ਜਦੋਂ ਅਸੀ ਇਹ ਸਮਝਦੇ ਹਾਂ ਕਿ ਕੋਈ ਪ੍ਰਾਣੀ ਮਰ ਗਿਆ ਹੈ, ਅਸਲ ਵਿਚ ਇਹ ਹੁੰਦਾ ਹੈ ਕਿ ਉਸ ਦੇ ਪੰਜ-ਤੱਤੀ ਸਰੀਰ ਵਿਚੋਂ) ਸੁਆਸ ਹਵਾ ਵਿਚ ਮਿਲ ਜਾਂਦਾ ਹੈ, (ਸਰੀਰ ਦੀ) ਮਿੱਟੀ (ਧਰਤੀ ਦੀ) ਮਿੱਟੀ ਨਾਲ ਮਿਲ ਜਾਂਦੀ ਹੈ, ਜੀਵਾਤਮਾ (ਸਰਬ-ਵਿਆਪਕ) ਜੋਤਿ ਨਾਲ ਜਾ ਰਲਦਾ ਹੈ । (ਮੁਏ ਨੂੰ) ਰੋਣ ਵਾਲਾ ਭੁਲੇਖੇ ਦੇ ਕਾਰਨ ਹੀ ਰੋਂਦਾ ਹੈ । ੧ ।

(ਹੇ ਭਾਈ ! ਕਿਸੇ ਦੇ ਸਰੀਰਕ ਵਿਛੋੜੇ ਤੇ ਰੋਣ ਵਾਲਾ ਪ੍ਰਾਣੀ ਉਸ ਵੇਲੇ)ਅਗਾਂਹ (ਸਦਾ) ਬੀਤਣ ਵਾਲੀ ਗੱਲ ਨਹੀਂ ਸਮਝਦਾ ਕਿ ਜੇਹੜਾ (ਹੁਣ ਕਿਸੇ ਦੇ ਵਿਛੋੜੇ ਤੇ) ਰੋ ਰਿਹਾ ਹੈ (ਆਖ਼ਰ) ਉਸ ਨੇ ਭੀ ਇਥੋਂ ਕੂਚ ਕਰ ਜਾਣਾ ਹੈ । (ਹੇ ਭਾਈ ! ਜੀਵਾਂ ਨੂੰ) ਭਰਮ ਅਤੇ ਮੋਹ ਦੇ ਬੰਧਨ ਬੱਝੇ ਹੋਏ ਹਨ, (ਜੀਵਾਤਮਾ ਅਤੇ ਸਰੀਰ ਦਾ ਮਿਲਾਪ ਤਾਂ ਸੁਪਨੇ ਵਾਂਗ ਹੈ, ਇਹ ਆਖ਼ਰ) ਸੁਪਨਾ ਹੋ ਕੇ ਬੀਤ ਜਾਂਦਾ ਹੈ, ਮਾਇਆ ਦੇ ਮੋਹ ਵਿਚ ਅੰਨ੍ਹਾ ਹੋਇਆ ਜੀਵ (ਵਿਅਰਥ ਹੀ) ਬਰੜਾਂਦਾ ਹੈ । ੨ ।

ਹੇ ਭਾਈ ! ਇਹ ਜਗਤ ਤਾਂ ਕਰਤਾਰ ਨੇ ਇਕ ਖੇਡ ਰਚੀ ਹੋਈ ਹੈ । ਉਸ ਕਰਤਾਰ ਦੇ ਕਦੇ ਖ਼ਤਮ ਨਾਂਹ ਹੋਣ ਵਾਲੇ ਹੁਕਮ ਵਿਚ ਹੀ ਜੀਵ ਇਥੇ ਆਉਂਦੇ ਰਹਿੰਦੇ ਹਨ ਤੇ ਇਥੋਂ ਜਾਂਦੇ ਰਹਿੰਦੇ ਹਨ । ਉਂਞ ਕੋਈ ਭੀ ਜੀਵਾਤਮਾ ਕਦੇ ਮਰਦਾ ਨਹੀਂ ਹੈ, ਕਿਉਂਕਿ ਇਹ ਮਰਨ-ਜੋਗਾ ਹੀ ਨਹੀਂ । ਇਹ ਜੀਵਾਤਮਾ ਕਦੇ ਨਾਸ ਨਹੀਂ ਹੁੰਦਾ, ਇਸ ਦਾ ਅਸਲਾ ਜੁ ਸਦਾ ਕਾਇਮ ਰਹਿਣ ਵਾਲਾ ਹੀ ਹੋਇਆ । ੩ ।

ਹੇ ਭਾਈ ! ਤੁਸੀ ਇਸ ਜੀਵਾਤਮਾ ਨੂੰ ਜਿਹੋ ਜਿਹਾ ਸਮਝ ਰਹੇ ਹੋ, ਇਹ ਉਹੋ ਜਿਹਾ ਨਹੀਂ ਹੈ । ਮੈਂ ਉਸ ਮਨੁੱਖ ਤੋਂ ਕੁਰਬਾਨ ਹਾਂ, ਜਿਸ ਨੇ ਇਹ ਅਸਲੀਅਤ ਸਮਝ ਲਈ ਹੈ । ਹੇ ਨਾਨਕ ! ਆਖ–ਗੁਰੂ ਨੇ ਜਿਸ ਦਾ ਭੁਲੇਖਾ ਦੂਰ ਕਰ ਦਿੱਤਾ ਹੈ, ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਉਹ ਮੁੜ ਮੁੜ ਜੰਮਦਾ ਮਰਦਾ ਨਹੀਂ । ੪ । ੧੦ ।

ਰਾਮਕਲੀ ਮਹਲਾ ੫ ॥ ਜਪਿ ਗੋਬਿੰਦੁ ਗੋਪਾਲ ਲਾਲੁ ॥ ਰਾਮ ਨਾਮ ਸਿਮਰਿ ਤੂ ਜੀਵਹਿ ਫਿਰਿ ਨ ਖਾਈ ਮਹਾ ਕਾਲੁ॥ ੧ ॥ ਰਹਾਉ ॥ ਕੋਟਿ ਜਨਮ ਭ੍ਰਮਿ ਭ੍ਰਮਿ ਭ੍ਰਮਿ ਆਇਓ ॥ ਬਡੈ ਭਾਗਿ ਸਾਧ ਸੰਗੁ ਪਾਇਓ ॥੧॥ ਬਿਨੁ ਗੁਰ ਪੂਰੇ ਨਾਹੀ ਉਧਾਰੁ ॥ ਬਾਬਾ ਨਾਨਕੁ ਆਖੈ ਏਹੁ ਬੀਚਾਰੁ ॥ ੨ ॥ ੧੧ ॥ [ਪੰਨਾ ੯੮੫]

ਪਦ ਅਰਥ :–ਤੂੰ ਜੀਵਹਿ–ਤੂੰ ਜੀਊਂਦਾ ਰਹੇਂਗਾ, ਤੈਨੂੰ ਆਤਮਕ ਜੀਵਨ ਮਿਲਿਆ ਰਹੇਗਾ । ਮਹਾ ਕਾਲੁ–ਭਿਆਨਕ ਆਤਮਕ ਮੌਤ । ੧ । ਰਹਾਉ ।

ਕੋਟਿ–ਕ੍ਰੋੜਾਂ । ਭ੍ਰਮਿ ਭ੍ਰਮਿ ਭ੍ਰਮਿ–ਮੁੜ ਮੁੜ ਭਟਕ ਭਟਕ ਕੇ । ਆਇਓ–ਤੂੰ (ਇਸ ਮਨੁੱਖਾ ਜਨਮ ਵਿਚ) ਆਇਆ ਹੈਂ । ਵਡੈ ਭਾਗਿ–ਵੱਡੀ ਕਿਸਮਤ ਨਾਲ । ਪਾਇਓ–ਤੂੰ ਹਾਸਲ ਕੀਤਾ ਹੈ । ਸਾਧ ਸੰਗੁ–ਗੁਰੂ ਦਾ ਸਾਥ । ੧ ।

ਉਧਾਰੁ–(ਕ੍ਰੋੜਾਂ ਜਨਮਾਂ ਤੋਂ) ਪਾਰ-ਉਤਾਰਾ । ਬਾਬਾ–ਹੇ ਭਾਈ ! ਨਾਨਕੁ ਆਖੈ–ਨਾਨਕ ਦੱਸਦਾ ਹੈ । ੨ ।

ਅਰਥ :–ਹੇ ਭਾਈ ! ਗੋਬਿੰਦ (ਦਾ ਨਾਮ) ਜਪਿਆ ਕਰ, ਸੋਹਣੇ ਗੋਪਾਲ ਦਾ ਨਾਮ ਜਪਿਆ ਕਰ । ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰਿਆ ਕਰ,(ਜਿਉਂ ਜਿਉਂ ਨਾਮ ਸਿਮਰੇਂਗਾ) ਤੈਨੂੰ ਉੱਚਾ ਆਤਮਕ ਜੀਵਨ ਮਿਲਿਆ ਰਹੇਗਾ । ਭਿਆਨਕ ਆਤ-ਮਕ ਮੌਤ (ਤੇਰੇ ਆਤਮਕ ਜੀਵਨ ਨੂੰ) ਫਿਰ ਕਦੇ ਮੁਕਾ ਨਹੀਂ ਸਕੇਗੀ । ੧ । ਰਹਾਉ ।

ਹੇ ਭਾਈ ! (ਅਨੇਕਾਂ ਕਿਸਮਾਂ ਦੇ) ਕ੍ਰੋੜਾਂ ਜਨਮਾਂ ਵਿਚ ਭਟਕ ਕੇ (ਹੁਣ ਤੂੰ ਮਨੁੱਖਾ ਜਨਮ ਵਿਚ) ਆਇਆ ਹੈਂ, (ਤੇ, ਇਥੇ) ਵੱਡੀ ਕਿਸਮਤ ਨਾਲ (ਤੈਨੂੰ) ਗੁਰੂ ਦਾ ਸਾਥ ਮਿਲ ਗਿਆ ਹੈ । ੧ ।

ਹੇ ਭਾਈ ! ਨਾਨਕ (ਤੈਨੂੰ) ਇਹ ਵਿਚਾਰ ਦੀ ਗੱਲ ਦੱਸਦਾ ਹੈ–ਪੂਰੇ ਗੁਰੂ ਦੀ ਸਰਨ ਪੈਣ ਤੋਂ ਬਿਨਾ (ਅਨੇਕਾਂ ਜੂਨਾਂ ਤੋਂ) ਪਾਰ-ਉਤਾਰਾ ਨਹੀਂ ਹੋ ਸਕਦਾ ।੨।੧੧।

ਰਾਗੁ ਰਾਮਕਲੀ ਮਹਲਾ ੫ ਘਰੁ ੨

ੴ ਸਤਿਗੁਰਪ੍ਰਸਾਦਿ ॥ ਚਾਰਿ ਪੁਕਾਰਹਿ ਨਾ ਤੂੰ ਮਾਨਹਿ ॥ ਖਟੁ ਭੀ ਏਕਾ ਬਾਤ ਵਖਾਨਹਿ ॥ ਦਸ ਅਸਟੀ ਮਿਲਿ ਏਕੋ ਕਹਿਆ ॥ ਤਾ ਭੀ ਜੋਗੀ ਭੇਦੁ ਨ ਲਹਿਆ ॥੧॥ ਕਿੰਕੁਰੀ ਅਨੂਪ ਵਾਜੈ ॥ਜੋਗੀਆ ਮਤਵਾਰੋ ਰੇ ॥੧॥ ਰਹਾਉ ॥ਪ੍ਰਥਮੇ ਵਸਿਆ ਸਤ ਕਾ ਖੇੜਾ ॥ ਤ੍ਰਿਤੀਏ ਮਹਿ ਕਿਛੁ ਭਇਆ ਦੁਤੇੜਾ ॥ ਦੁਤੀਆ ਅਰਧੋ ਅਰਧਿ ਸਮਾਇਆ ॥ ਏਕੁ ਰਹਿਆ ਤਾ ਏਕੁ ਦਿਖਾਇਆ ॥ ੨ ॥ ਏਕੈ ਸੂਤਿ ਪਰੋਏ ਮਣੀਏ ॥ ਗਾਠੀ ਭਿਨਿ

ਭਿਨਿ ਭਿਨਿ ਭਿਨਿ ਤਣੀਏ ॥ ਫਿਰਤੀ ਮਾਲਾ ਬਹੁ ਬਿਧਿ ਭਾਇ ॥ ਖਿੰਚਿਆ ਸੂਤੁ ਤ ਆਈ ਥਾਇ ॥ ੩ ॥ ਚਹੁ ਮਹਿ ਏਕੈ ਮਟੁ ਹੈ ਕੀਆ ॥ ਤਹ ਬਿਖੜੇ ਥਾਨ ਅਨਿਕ ਖਿੜਕੀਆ ॥ ਖੋਜਤ ਖੋਜਤ ਦੁਆਰੇ ਆਇਆ॥ ਤਾ ਨਾਨਕ ਜੋਗੀ ਮਹਲੁ ਘਰੁ ਪਾਇਆ ॥੪॥ ਇਉ ਕਿੰਕੁਰੀ ਆਨੂਪ ਵਾਜੈ॥ ਸੁਣਿ ਜੋਗੀ ਕੈ ਮਨਿ ਮੀਠੀ ਲਾਗੈ॥ ੧ ॥ਰਹਾਉ ਦੂਜਾ॥੧॥੧੨॥[੯੯੬]

ਪਦ ਅਰਥ :-ਚਾਰਿ-ਚਾਰ ਵੇਦ [ਨੋਟ :ਗਿਣਤੀ ਦੱਸਣ ਵਾਲਾ ਲਫ਼ਜ਼ 'ਚਾਰਿ' ਸਦਾ 'ਿ' ਨਾਲ ਹੋਇਆ ਕਰਦਾ ਹੈ]। ਪੁਕਾਰਹਿ-ਜ਼ੋਰ ਦੇ ਕੇ ਆਖਦੇ ਹਨ। ਖਟੁ-ਛੇ ਸ਼ਾਸਤਰ। ਏਕਾ ਬਾਤ-(ਇਹੀ) ਇਕੋ ਗੱਲ। ਵਖਾਨਹਿ-ਬਿਆਨ ਕਰਦੇ ਹਨ। ਦਸ ਅਸਟੀ-ਅਠਾਰਾਂ ਪੁਰਾਨ [ਅਸਟੀ-ਅੱਠ]। ਮਿਲਿ-ਮਿਲ ਕੇ। ਏਕੋ-ਇੱਕ ਬਚਨ। ਜੋਗੀ-ਹੇ ਜੋਗੀ ! ਭੇਦੁ-(ਹਰੇਕ ਹਿਰਦੇ ਵਿਚ ਵੱਸ ਰਹੀ ਸੋਹਣੀ ਕਿੰਗੁਰੀ ਦਾ) ਭੇਤ। ਲਹਿਆ-ਲੱਭਾ। ੧।

ਕਿੰਕੁਰੀ-ਕਿੰਗਰੀ, ਸੋਹਣੇ ਕਿੰਗ। ਅਨੂਪ-ਉਪਮਾ-ਰਹਿਤ, ਬੇ-ਮਿਸਾਲ, ਬਹੁਤ ਸੋਹਣੀ। ਵਾਜੈ-(ਅੱਗੇ ਹੀ) ਵੱਜ ਰਹੀ ਹੈ। ਹੇ ਜੋਗੀਆ-ਹੇ ਜੋਗੀ ! ਮਤਵਾਰੋ-ਮਤਵਾਲਾ, (ਆਪਣੀ ਕਿੰਗ ਵਜਾਣ ਵਿਚ) ਮਸਤ। ੧। ਰਹਾਉ।

ਪ੍ਰਥਮੇ-ਪਹਿਲੇ (ਜੁਗ ਵਿਚ) ਸਤਜੁਗ ਵਿਚ। ਖੇੜਾ-ਨਗਰ। ਸਤ-ਦਾਨ। ਤ੍ਰਿਤੀਏ ਮਹਿ-ਤ੍ਰੇਤੇ ਜੁਗ ਵਿਚ। ਦੁਤੇੜਾ-ਦੁਫੇੜਾ, ਕਮੀ, ਘਾਟ। ਅਰਧੋ ਅਰਧਿ-ਅੱਧ ਅੱਧ ਵਿਚ। ਏਕੁ ਰਹਿਆ-(ਧਰਮ ਦਾ ਸਿਰਫ਼) ਇੱਕ (ਪੈਰ)ਰਹਿ ਗਿਆ। ਏਕੁ-ਇੱਕ ਪਰਮਾਤਮਾ। ਦੁਤੀਆ-ਦੁਆਪਰ ਜੁਗ।

ਏਕੈ ਸੂਤਿ-ਇਕੋ ਧਾਗੇ ਵਿਚ, ਇਕੋ ਪਰਮਾਤਮਾ ਦੀ ਚੇਤਨ-ਸੱਤਾ ਵਿਚ। ਸੂਤਿ-ਸੂਤਰ ਵਿਚ। ਗਾਠੀ-ਗੰਢਾਂ, ਸ਼ਕਲਾਂ, ਸ਼ਖ਼ਸੀਅਤਾਂ।ਭਿਨਿ ਭਿਨਿ-ਵੱਖ ਵੱਖ। ਤਣੀਏ -ਤਾਣੀਆਂ ਹੋਈਆਂ ਹਨ। ਮਾਲਾ-ਸੰਸਾਰ-ਚੱਕਰ। ਬਹੁ ਬਿਧਿ-ਕਈ ਤਰੀਕਿਆਂ ਨਾਲ। ਬਹੁ ਭਾਇ-ਕਈ ਜੁਗਤੀਆਂ ਨਾਲ। ਸੂਤ-(ਮਾਲਾ ਦਾ) ਧਾਗਾ, (ਜੀਵਾਂ ਵਿਚ ਪਰਮਾਤਮਾ ਦੀ ਚੇਤਨ-ਸੱਤਾ)। ਆਈ ਥਾਇ-(ਸਾਰੀ ਮਾਲਾ) ਇਕੋ ਥਾਂ ਵਿਚ ਆ ਜਾਂਦੀ ਹੈ (ਸਾਰੀ ਸ੍ਰਿਸ਼ਟੀ ਇਕੋ ਪਰਮਾਤਮਾ ਵਿਚ ਹੀ ਲੀਨ ਹੋ ਜਾਂਦੀ ਹੈ)। ੩।

ਚਹੁ ਮਹਿ-ਚਹੁਆਂ (ਜੁਗਾਂ) ਵਿਚ। ਏਕੈ ਮਟੁ-ਇਕੋ (ਪਰਮਾਤਮਾ) ਦਾ ਹੀ (ਜਗਤ-) ਮਠ [ਨੋਟ ! ਜੋਗੀਆਂ ਦਾ ਨਿਵਾਸ-ਅਸਥਾਨ 'ਮਠ' ਅਖਵਾਂਦਾ ਹੈ। ਇਹ ਜਗਤ ਸਾਰੇ ਜੀਵ-ਜੋਗੀਆਂ ਦਾ ਨਿਵਾਸ-ਅਸਥਾਨ ਹੈ]। ਤਹ-ਇਸ (ਜਗਤ-ਮਠ) ਵਿਚ। ਬਿਖੜੇ-ਔਖੇ। ਅਨਿਕ ਖਿੜਕੀਆ-ਅਨੇਕਾਂ ਜੂਨਾਂ। ਦੁਆਰੇ-(ਗੁਰੂ ਦੇ) ਦਰ

ਤੇ । ਨਾਨਕ–ਹੇ ਨਾਨਕ ! ਜੋਗੀ–ਜੋਗੀ ਨੇ, ਪ੍ਰਭੂ-ਚਰਨਾਂ ਵਿਚ ਜੁੜੇ ਮਨੁੱਖ ਨੇ । ਮਹਲੁ –ਪ੍ਰਭੂ ਦਾ ਮਹਲ । ਘਰੁ–ਪ੍ਰਭੂ ਦਾ ਘਰ । ਮਹਲੁ ਘਰੁ–ਪ੍ਰਭੂ ਦੇ ਚਰਨਾਂ ਵਿਚ ਨਿਵਾਸ।੪।

ਇਉ–ਇਉਂ, ਇਸ ਤਰ੍ਹਾਂ, (ਭਾਵ, ਖੋਜ ਕਰਦਿਆਂ ਗੁਰੂ ਦੇ ਦਰ ਤੇ ਪਹੁੰਚ ਕੇ) । ਸੁਨਿ–ਸੁਣ ਕੇ । ਕੈ ਮਨਿ–ਦੇ ਮਨ ਵਿਚ । ਜੋਗੀ ਕੈ ਮਨਿ–ਪ੍ਰਭੂ-ਚਰਨਾਂ ਵਿਚ ਜੁੜੇ ਮਨੁੱਖ ਦੇ ਮਨ ਵਿਚ । ੧ । ਰਹਾਉ ਦੂਜਾ ।

ਨੋਟ ! ਪਹਿਲੇ 'ਰਹਾਉ' ਦੀਆਂ ਤੁਕਾਂ ਵਿਚ 'ਅਨੂਪ ਕਿੰਗੁਰੀ' ਦਾ ਜ਼ਿਕਰ ਕੀਤਾ ਗਿਆ ਸੀ । ਬੰਦ ਨੰ: ੪ ਵਿਚ ਗੁਰੂ ਦੇ ਦਰ ਤੇ ਪਹੁੰਚਣ ਦੀ ਤਾਕੀਦ ਕੀਤੀ ਗਈ ਹੈ । 'ਦੂਜੇ ਰਹਾਉ' ਵਿਚ ਇਹ ਦੱਸਿਆ ਹੈ ਕਿ ਗੁਰੂ ਦੇ ਦਰ ਤੇ ਪਹੁੰਚਿਆਂ ਆਪਣੇ ਅੰਦਰ ਰੁਮਕ ਰਹੀ ਰੱਬੀ ਰੌ ਦਾ ਆਨੰਦ ਆਉਣ ਲੱਗ ਪੈਂਦਾ ਹੈ ।

ਅਰਥ :–(ਆਪਣੀ ਨਿੱਕੀ ਜਿਹੀ ਕਿੰਗ ਵਜਾਣ ਵਿਚ) ਮਸਤ ਹੇ ਜੋਗੀ ! (ਵੇਖ, ਅੱਗੇ ਹੀ) ਸੁੰਦਰ ਕਿੰਗ ਬੜੀ ਸੋਹਣੀ ਵੱਜ ਰਹੀ ਹੈ (ਹਰੇਕ ਜੀਵ ਦੇ ਹਿਰਦੇ ਵਿਚ ਰੱਬੀ ਰੌ ਚੱਲ ਰਹੀ ਹੈ–ਇਹੀ ਹੈ ਸੋਹਣੀ ਕਿੰਗ) । ੧ । ਰਹਾਉ ।

ਹੇ ਜੋਗੀ ! ਚਾਰ ਵੇਦ ਪੁਕਾਰ ਪੁਕਾਰ ਕੇ ਆਖ ਰਹੇ ਹਨ (ਕਿ ਸਭ ਜੀਵਾਂ ਵਿਚ (ਰੱਬੀ ਜੋਤਿ-ਰੂਪ ਸੁੰਦਰ ਕਿੰਗੁਰੀ ਹਰ ਥਾਂ ਵੱਜ ਰਹੀ ਹੈ) ਪਰ ਤੂੰ ਯਕੀਨ ਨਹੀਂ ਕਰਦਾ । ਹੇ ਜੋਗੀ ! ਛੇ ਸ਼ਾਸਤਰ ਭੀ ਇਹੀ ਗੱਲ ਬਿਆਨ ਕਰ ਰਹੇ ਹਨ । ਅਠਾਰਾਂ ਪੁਰਾਣਾਂ ਨੇ ਮਿਲ ਕੇ ਭੀ ਇਹੋ ਬਚਨ ਆਖਿਆ ਹੈ । ਪਰ ਹੇ ਜੋਗੀ ! (ਹਰੇਕ ਹਿਰਦੇ ਵਿਚ ਵੱਜ ਰਹੀ ਸੋਹਣੀ ਕਿੰਗ ਦਾ) ਭੇਤ ਤੂੰ ਨਹੀਂ ਸਮਝਿਆ । ੧ ।

(ਹੇ ਜੋਗੀ ! ਤੂੰ ਇਹੀ ਸਮਝਦਾ ਆ ਰਿਹਾ ਹੈਂ ਕਿ) ਪਹਿਲੇ ਜੁਗ (ਸਤਜੁਗ) ਵਿਚ ਦਾਨ ਦਾ ਨਗਰ ਵੱਸਦਾ ਸੀ (ਭਾਵ, ਦਾਨ ਕਰਨ ਦਾ ਕਰਮ ਪ੍ਰਧਾਨ ਸੀ) ਅਤੇ ਤ੍ਰੇਤੇ ਜੁਗ ਵਿਚ (ਧਰਮ ਦੇ ਅੰਦਰ) ਕੁਝ ਤ੍ਰੇੜ ਆ ਗਈ (ਧਰਮ-ਬਲਦ ਦੀਆਂ ਤਿੰਨ ਲੱਤਾਂ ਰਹਿ ਗਈਆਂ) । (ਹੇ ਜੋਗੀ ! ਤੂੰ ਇਹੀ ਨਿਸਚਾ ਬਣਾਇਆ ਹੋਇਆ ਹੈ ਕਿ) ਦੁਆਪਰ ਜੁਗ ਅੱਧ ਵਿਚ ਟਿਕ ਗਿਆ (ਭਾਵ, ਦੁਆਪਰ ਜੁਗ ਵਿਚ ਧਰਮ-ਬਲਦ ਦੀਆਂ ਦੋ ਲੱਤਾਂ ਰਹਿ ਗਈਆਂ) ਅਤੇ (ਹੁਣ ਜਦੋਂ ਕਲਿ ਜੁਗ ਵਿਚ ਧਰਮ-ਬਲਦ ਸਿਰਫ਼) ਇੱਕ (ਲੱਤ ਵਾਲਾ) ਰਹਿ ਗਿਆ ਹੈ, ਤਦੋਂ (ਦਾਨ, ਤਪ, ਜੱਗ ਆਦਿਕ ਦੇ ਥਾਂ ਹਰਿ-ਨਾਮ-ਸਿਮਰਨ ਦਾ) ਇੱਕੋ (ਰਸਤਾ ਮੂਰਤੀ-ਪੂਜਾ ਨੇ ਜੀਵਾਂ ਨੂੰ) ਵਿਖਾਇਆ ਹੈ (ਪਰ ਤੈਨੂੰ ਇਹ ਭੁਲੇਖਾ ਹੈ ਕਿ ਇਕੋ ਪਰਮਾਤਮਾ ਦੇ ਰਚੇ ਜਗਤ ਵਿਚ ਵਖ ਵਖ ਜੁਗਾਂ ਵਿਚ ਵਖ ਵਖ ਧਰਮ-ਆਦਰਸ਼ ਹੋ ਗਏ । ਪਰਮਾਤਮਾ ਦੀ ਬਣਾਈ ਮਰਯਾਦਾ ਸਦਾ ਇਕ-ਸਾਰ ਰਹਿੰਦੀ ਹੈ, ਉਸ ਵਿਚ ਤਬਦੀਲੀ ਨਹੀਂ ਆਉਂਦੀ) । ੨ ।

(ਵੇਖ, ਹੇ ਜੋਗੀ ! ਜਿਵੇਂ ਮਾਲਾ ਦੇ ਇਕੋ ਧਾਗੇ ਵਿਚ ਕਈ ਮਣਕੇ ਪ੍ਰੋਤੇ ਹੋਏ ਹੁੰਦੇ

ਹਨ, ਤੇ, **ਉਸ** ਮਾਲਾ ਨੂੰ ਮਨੁੱਖ ਫੇਰਦਾ ਰਹਿੰਦਾ ਹੈ, ਤਿਵੇਂ) ਜਗਤ ਦੇ ਸਾਰੇ ਹੀ ਜੀਵ-ਮਣਕੇ ਪਰਮਾਤਮਾ ਦੀ ਸੱਤਾ-ਰੂਪ ਧਾਗੇ ਵਿਚ ਪ੍ਰੋਤੇ ਹੋਏ ਹਨ (ਸੰਸਾਰ-ਚੱਕਰ ਦੀ) ਇਹ ਮਾਲਾ ਕਈ ਤਰੀਕਿਆਂ ਨਾਲ ਕਈ ਜੁਗਤੀਆਂ ਨਾਲ ਫਿਰਦੀ ਰਹਿੰਦੀ ਹੈ। (ਜਦੋਂ ਪਰਮਾਤਮਾ ਆਪਣੀ) ਸੱਤਾ-ਰੂਪ ਧਾਗਾ (ਇਸ ਜਗਤ-ਮਾਲਾ ਵਿਚੋਂ) ਖਿੱਚ ਲੈਂਦਾ ਹੈ, ਤਾਂ (ਸਾਰੀ ਮਾਲਾ ਇਕੋ) ਥਾਂ ਵਿਚ ਆ ਜਾਂਦੀ ਹੈ (ਸਾਰੀ ਸ੍ਰਿਸ਼ਟੀ ਇਕੋ ਪਰਮਾਤਮਾ ਵਿਚ ਹੀ ਲੀਨ ਹੋ ਜਾਂਦੀ ਹੈ)। ੩।

(**ਵੇਖ,** ਹੇ ਜੋਗੀ ! ਜੋਗੀਆਂ ਦੇ ਮਠ ਵਾਂਗ ਇਹ ਜਗਤ ਇਕ ਮਠ ਹੈ) ਚਹੁੰਆਂ ਹੀ ਜੁਗਾਂ ਵਿਚ (ਸਦਾ ਤੋਂ ਹੀ) ਇਹ ਜਗਤ-ਮਠ ਇਕ (ਪਰਮਾਤਮਾ) ਦਾ ਹੀ ਬਣਾਇਆ ਹੋਇਆ ਹੈ। ਇਸ ਜਗਤ-ਮਠ ਵਿਚ ਜੀਵ ਨੂੰ ਖ਼ੁਆਰ ਕਰਨ ਲਈ ਅਨੇਕਾਂ (ਵਿਕਾਰ-ਰੂਪ) ਔਖੇ ਥਾਂ ਹਨ (ਅਤੇ ਵਿਕਾਰਾਂ ਵਿਚ ਫਸੇ ਜੀਵਾਂ ਵਾਸਤੇ) ਅਨੇਕਾਂ ਹੀ ਜੂਨਾਂ ਹਨ (ਜਿਨ੍ਹਾਂ ਵਿਚੋਂ ਦੀ ਜੀਵਾਂ ਨੂੰ ਲੰਘਣਾ ਪੈਂਦਾ ਹੈ,ਜਿਵੇਂ ਕਿਸੇ ਘਰ ਦੀ ਖਿੜਕੀ ਵਿਚੋਂ ਦੀ ਲੰਘੀਦਾ ਹੈ)। ਹੇ ਨਾਨਕ ! (ਆਖ–ਹੇ ਜੋਗੀ !) ਜਦੋਂ ਕੋਈ ਮਨੁੱਖ (ਪਰਮਾਤਮਾ ਦੇ ਦੇਸ ਦੀ) ਭਾਲ ਕਰਦਾ ਕਰਦਾ (ਗੁਰੂ ਦੇ) ਦਰ ਤੇ ਆ ਪਹੁੰਚਦਾ ਹੈ, ਤਦੋਂ ਪ੍ਰਭੂ-ਚਰਨਾਂ ਵਿਚ ਜੁੜੇ ਉਸ ਮਨੁੱਖ ਨੂੰ ਪਰਮਾਤਮਾ ਦਾ ਮਹਲ ਪਰਮਾਤਮਾ ਦਾ ਘਰ ਲੱਭ ਪੈਂਦਾ ਹੈ। ੪।

(ਹੇ ਜੋਗੀ !) ਇਸ ਤਰ੍ਹਾਂ (ਖੋਜ ਕਰਦਿਆਂ ਕਰਦਿਆਂ ਗੁਰੂ ਦੇ ਦਰ ਤੇ ਪਹੁੰਚ ਕੇ ਮਨੁੱਖ ਨੂੰ ਸਮਝ ਆ ਜਾਂਦੀ ਹੈ ਕਿ ਹਰੇਕ ਹਿਰਦੇ ਵਿਚ ਪਰਮਾਤਮਾ ਦੀ ਚੇਤਨ-ਸੱਤਾ ਦੀ) ਸੁੰਦਰ ਕਿੰਗਰੀ ਵੱਜ ਰਹੀ ਹੈ। (ਇਹ ਸੁੰਦਰ ਕਿੰਗਰੀ ਵੱਜਦੀ) ਸੁਣ ਸੁਣ ਕੇ ਪਰਮਾਤਮਾ ਦੇ ਚਰਨਾਂ ਵਿਚ ਜੁੜੇ ਹੋਏ ਮਨੁੱਖ ਦੇ ਮਨ ਵਿਚ (ਇਹ ਕਿੰਗਰੀ) ਮਿੱਠੀ ਲੱਗਣ ਲੱਗ ਪੈਂਦੀ ਹੈ। ੧। ਰਹਾਉ ਦੂਜਾ।

ਜ਼ਰੂਰੀ ਨੋਟ–'ਰਹਾਉ' ਦੀ ਤੁਕ ਵਿਚ ਸਾਰੇ ਸ਼ਬਦ ਦਾ ਕੇਂਦਰੀ ਭਾਵ ਹੈ। ਪਹਿਲੇ ਦੋ ਬੰਦਾਂ ਵਿਚ ਕਿਸੇ ਜੋਗੀ ਦਾ ਧਿਆਨ ਉਸ ਦੇ ਆਪਣੇ ਹੀ ਧਾਰਮਿਕ ਭੁਲੇਖਿਆਂ ਵਲ ਦਿਵਾਇਆ ਗਿਆ ਹੈ। ਤੀਜੇ ਅਤੇ ਚੌਥੇ ਬੰਦ ਵਿਚ ਸਤਿਗੁਰੂ ਜੀ ਆਪਣਾ ਮਤ ਬਿਆਨ ਕਰ ਰਹੇ ਹਨ।

ਰਾਮਕਲੀ ਮਹਲਾ ੫ ॥ ਤਾਗਾ ਕਰਿ ਕੈ ਲਾਈ ਥਿਗਲੀ ॥ ਲਊ ਨਾੜੀ ਸੂਆ ਹੈ ਅਸਤੀ ॥ ਅੰਭੈ ਕਾ ਕਰਿ ਡੰਡਾ ਧਰਿਆ ॥ ਕਿਆ ਤੂ ਜੋਗੀ ਗਰਬਹਿ ਪਰਿਆ ॥ ੧ ॥ ਜਪਿ ਨਾਥੁ ਦਿਨੁ ਰੈਨਾਈ ॥ ਤੇਰੀ ਖਿੰਥਾ ਦੋ ਦਿਹਾਈ ॥ ੧ ॥ ਰਹਾਉ ॥ ਗਹਰੀ ਬਿਭੂਤ ਲਾਇ ਬੈਠਾ ਤਾੜੀ ॥ ਮੇਰੀ ਤੇਰੀ ਮੁੰਦ੍ਰਾ ਧਾਰੀ ॥ ਮਾਗਹਿ ਟੂਕਾ ਤ੍ਰਿਪਤਿ ਨ ਪਾਵੈ ॥ ਨਾਥੁ ਛੋਡਿ

ਜਾਚਹਿ ਲਾਜ ਨ ਆਵੈ ॥੨॥ ਚਲਚਿਤ ਜੋਗੀ ਆਸਣੁ ਤੇਰਾ ॥ ਸਿੰਙੀ ਵਾਜੈ ਨਿਤ ਉਦਾਸੇਰਾ ॥ ਗੁਰ ਗੋਰਖ ਕੀ ਤੈ ਬੂਝ ਨ ਪਾਈ ॥ ਫਿਰਿ ਫਿਰਿ ਜੋਗੀ ਆਵੈ ਜਾਈ॥ ੩ ॥ ਜਿਸ ਨੋ ਹੋਆ ਨਾਥੁ ਕ੍ਰਿਪਾਲਾ ॥ ਰਹਰਾਸਿ ਹਮਾਰੀ ਗੁਰ ਗੋਪਾਲਾ ॥ ਨਾਮੈ ਖਿੰਥਾ ਨਾਮੈ ਬਸਤਰੁ ॥ ਜਨ ਨਾਨਕ ਜੋਗੀ ਹੋਆ ਅਸਥਿਰੁ ॥ ੪ ॥ ਇਉ ਜਪਿਆ ਨਾਥੁ ਦਿਨੁ ਰੈਨਾਈ ॥ ਹੁਣਿ ਪਾਇਆ ਗੁਰੁ ਗੋਸਾਈ ॥ ੧ ॥ ਰਹਾਉ ਦੂਜਾ ॥੨॥੧੩॥ [ਪੰਨਾ ੮੯੬]

ਪਦ ਅਰਥ :–ਤਾਗਾ–ਧਾਗਾ (ਨਾੜੀਆਂ) । ਕਰਿ ਕੈ–ਬਣਾ ਕੇ । ਥਿਗਲੀ–ਟਾਕੀ (ਸਰੀਰ ਦੇ ਵਖ ਵਖ ਅੰਗ) । ਲਉ–ਨਗੰਦੇ, ਤਰੋਪੇ । ਸੂਆ–ਸੂਈ । ਅਸਤੀ–ਹੱਡੀ । ਅੰਭੈ ਕਾ–ਪਾਣੀ ਦਾ (ਰਕਤ ਬੂੰਦ ਦਾ) । ਡੰਡਾ–(ਭਾਵ) ਸਰੀਰ । ਗਰਬਹਿ–ਅਹੰਕਾਰ ਵਿਚ । ੧ ।

ਨਾਥੁ–(ਸਾਰੇ ਸੰਸਾਰ ਦਾ) ਖਸਮ । ਰੈਨਾਈ–ਰਾਤ । ਖਿੰਥਾ–ਗੋਦੜੀ (ਸਰੀਰ)। ਦੋ ਦਿਹਾਈ–ਦੋ ਦਿਨ ਕਾਇਮ ਰਹਿਣ ਵਾਲੀ, ਨਾਸਵੰਤ । ੧ । ਰਹਾਉ ।

ਗਹਰੀ–ਸੰਘਣੀ । ਬਿਭੂਤ–ਸੁਆਹ । ਲਾਇ–ਲਾ ਕੇ । ਮੇਰੀ ਤੇਰੀ–ਮੇਰ-ਤੇਰ ਵਿਚ । ਮਾਗਹਿ–ਤੂੰ ਮੰਗਦਾ ਹੈਂ । ਟੂਕਾ–ਟੁੱਕਰ, ਰੋਟੀਆਂ । ਤ੍ਰਿਪਤਿ–ਰਜੇਵਾਂ । ਛੋਡਿ–ਛੱਡ ਕੇ । ਜਾਚਹਿ–ਤੂੰ ਮੰਗਦਾ ਹੈਂ । ਲਾਜ–ਸ਼ਰਮ । ੨ ।

ਚਲਚਿਤ ਜੋਗੀ–ਹੇ ਡੋਲਦੇ ਮਨ ਵਾਲੇ ਜੋਗੀ! ਵਾਜੈ–ਵੱਜ ਰਹੀ ਹੈ । ਉਦਾਸੇਰਾ–ਉਪਰਾਮ, ਭਟਕਦਾ । ਗੋਰਖ–ਗੋਪਾਲ [ਗੋ–ਧਰਤੀ । ਰਖ–ਰੱਖਿਆ ਕਰਨ ਵਾਲਾ] । ਤੈ–ਤੂੰ, ਤੈਂ । ਬੂਝ–ਸੋਝੀ । ਫਿਰਿ–ਮੁੜ ਮੁੜ । ੩ ।

ਜਿਸ ਨੋ–[ਲਫ਼ਜ਼ 'ਜਿਸੁ' ਦਾ ੁ ਸੰਬੰਧਕ 'ਨੋ' ਦੇ ਕਾਰਨ ਉੱਡ ਗਿਆ ਹੈ] । ਰਹਰਾਸਿ–ਅਰਦਾਸ, ਅਰਜ਼ੋਈ । ਗੁਰ–ਹੇ ਸਭ ਤੋਂ ਵੱਡੇ ! ਗੋਪਾਲਾ–ਹੇ ਸ੍ਰਿਸ਼ਟੀ ਦੇ ਰੱਖਿਅਕ ! ਨਾਮੈ-(ਤੇਰਾ) ਨਾਮ ਹੀ । ਖਿੰਥਾ–ਗੋਦੜੀ । ਅਸਥਿਰੁ–ਅਡੋਲ । ੪ ।

ਇਉ–ਇਉਂ, ਇਸ ਤਰ੍ਹਾਂ । ਹੁਣਿ–ਇਸੇ ਜਨਮ ਵਿਚ । ਰਹਾਉ ਦੂਜਾ ।

ਨੋਟ–ਪਹਿਲੇ 'ਰਹਾਉ' ਦੇ ਲਫ਼ਜ਼ਾਂ ਜਪਿ ਨਾਥੁ' ਦੀ ਵਿਆਖਿਆ ਅਗਲੇ ਸਾਰੇ ਬੰਦਾਂ ਵਿਚ ਕਰ ਕੇ 'ਦੂਜੇ ਰਹਾਉ' ਵਿਚ ਆਖਦੇ ਹਨ 'ਇਉ ਜਪਿਆ' ।

ਅਰਥ :–ਹੇ ਜੋਗੀ ! ਤੇਰਾ ਇਹ ਸਰੀਰ ਦੋ ਦਿਨਾਂ ਦਾ ਹੀ ਪਰਾਹੁਣਾ ਹੈ । ਦਿਨ ਰਾਤ (ਜਗਤ ਦੇ) ਨਾਥ-ਪ੍ਰਭੂ ਦਾ ਨਾਮ ਜਪਿਆ ਕਰ । ੧ । ਰਹਾਉ ।

(ਹੇ ਜੋਗੀ ! ਉਸ ਜਗਤ-ਨਾਥ ਨੇ ਨਾੜੀਆਂ ਨੂੰ)ਧਾਗਾ ਬਣਾ ਕੇ (ਸਾਰੇ ਸਰੀਰਕ ਅੰਗਾਂ ਦੀਆਂ) ਟਾਕੀਆਂ ਜੋੜ ਦਿੱਤੀਆਂ ਹਨ । (ਇਸ ਸਰੀਰ-ਗੋਦੜੀ ਦੀਆਂ) ਨਾੜੀਆਂ

ਤਰੋਪਿਆਂ ਦਾ ਕੰਮ ਕਰ ਰਹੀਆਂ ਹਨ, (ਅਤੇ ਸਰੀਰ ਦੀ ਹਰੇਕ) ਹੱਡੀ ਸੂਈ ਦਾ ਕੰਮ ਕਰਦੀ ਹੈ। (ਉਸ ਨਾਥ ਨੇ ਮਾਤਾ ਪਿਤਾ ਦੀ) ਰਕਤ-ਬੂੰਦ ਨਾਲ (ਸਰੀਰ-) ਡੰਡਾ ਖੜਾ ਕਰ ਦਿੱਤਾ ਹੈ। ਹੇ ਜੋਗੀ! ਤੂੰ (ਆਪਣੀ ਗੋਦੜੀ ਦਾ) ਕੀਹ ਪਿਆ ਮਾਣ ਕਰਦਾ ਹੈਂ ?੧।

(ਹੇ ਜੋਗੀ! ਆਪਣੇ ਸਰੀਰ ਉੱਤੇ) ਸੰਘਣੀ ਸੁਆਹ ਮਲ ਕੇ ਤੂੰ ਸਮਾਧੀ ਲਾ ਕੇ ਬੈਠਾ ਹੋਇਆ ਹੈਂ, ਤੂੰ (ਕੰਨਾਂ ਵਿਚ) ਮੁੰਦ੍ਰਾਂ (ਭੀ) ਪਾਈਆਂ ਹੋਈਆਂ ਹਨ (ਪਰ ਤੇਰੇ ਅੰਦਰ) ਮੇਰ-ਤੇਰ ਵੱਸ ਰਹੀ ਹੈ। ਹੇ ਜੋਗੀ! ਘਰ ਘਰ ਤੋਂ ਤੂੰ ਟੁੱਕਰ ਮੰਗਦਾ ਫਿਰਦਾ ਹੈਂ, ਤੇਰੇ ਅੰਦਰ ਸ਼ਾਂਤੀ ਨਹੀਂ ਹੈ। (ਸਾਰੇ ਜਗਤ ਦੇ) ਨਾਥ ਨੂੰ ਛੱਡ ਕੇ ਤੂੰ (ਲੋਕਾਂ ਦੇ ਦਰ ਤੋਂ) ਮੰਗਦਾ ਹੈਂ। ਹੇ ਜੋਗੀ! ਤੈਨੂੰ (ਇਸ ਦੀ) ਸ਼ਰਮ ਨਹੀਂ ਆ ਰਹੀ। ੨।

ਹੇ ਡੋਲਦੇ ਮਨ ਵਾਲੇ ਜੋਗੀ! ਤੇਰਾ ਆਸਣ (ਜਮਾਣਾ ਕਿਸੇ ਅਰਥ ਨਹੀਂ)। (ਲੋਕਾਂ ਨੂੰ ਵਿਖਾਣ ਲਈ ਤੇਰੀ) ਸਿੰਙੀ ਵੱਜ ਰਹੀ ਹੈ, ਪਰ ਤੇਰਾ ਮਨ ਸਦਾ ਭਟਕਦਾ ਫਿਰਦਾ ਹੈ (ਇਹ ਸਿੰਙੀ ਤਾਂ ਇਕਾਗ੍ਰਤਾ ਦੀ ਖ਼ਾਤਰ ਸੀ)। ਹੇ ਜੋਗੀ! (ਇਸ ਤਰ੍ਹਾਂ) ਉਸ ਸਭ ਤੋਂ ਵੂਡੇ ਗੋਰਖ (ਜਗਤ-ਰੱਖਿਅਕ ਪ੍ਰਭੂ) ਦੀ ਤੈਨੂੰ ਸੋਝੀ ਨਹੀਂ ਪਈ। (ਇਹੋ ਜਿਹਾ) ਜੋਗੀ ਤਾਂ ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। ੩।

ਹੇ ਜੋਗੀ! ਜਿਸ ਮਨੁੱਖ ਉੱਤੇ (ਸਾਰੇ ਜਗਤ ਦਾ) ਨਾਥ ਦਇਆਵਾਨ ਹੁੰਦਾ ਹੈ (ਉਹ ਮਨੁੱਖ ਪਰਮਾਤਮਾ ਅੱਗੇ ਹੀ ਬੇਨਤੀ ਕਰਦਾ ਹੈ, ਤੇ ਆਖਦਾ ਹੈ–) ਹੇ ਗੁਰ ਗੋਪਾਲ! ਸਾਡੀ ਅਰਜ਼ੋਈ ਤੇਰੇ ਦਰ ਤੇ ਹੀ ਹੈ। ਤੇਰਾ ਨਾਮ ਹੀ ਮੇਰੀ ਗੋਦੜੀ ਹੈ, ਤੇਰਾ ਨਾਮ ਹੀ ਮੇਰਾ (ਭਗਵਾ) ਕੱਪੜਾ ਹੈ। ਹੇ ਦਾਸ ਨਾਨਕ! (ਇਹੋ ਜਿਹਾ ਮਨੁੱਖ ਅਸਲ) ਜੋਗੀ ਹੈ, ਅਤੇ ਉਹ ਕਦੇ ਡੋਲਦਾ ਨਹੀਂ ਹੈ। ੪।

ਹੇ ਜੋਗੀ! ਜਿਸ ਮਨੁੱਖ ਨੇ ਦਿਨ ਰਾਤ ਇਸ ਤਰ੍ਹਾਂ (ਜਗਤ ਦੇ) ਨਾਥ ਨੂੰ ਸਿਮ-ਰਿਆ ਹੈ, ਉਸ ਨੇ ਇਸੇ ਜਨਮ ਵਿਚ ਉਸ ਸਭ ਤੋਂ ਵ੍ਡੇ ਜਗਤ-ਨਾਥ ਦਾ ਮਿਲਾਪ ਹਾਸਲ ਕਰ ਲਿਆ ਹੈ। ੧। ਰਹਾਉ ਦੂਜਾ। ੨। ੧੩।

ਰਾਮਕਲੀ ਮਹਲਾ ੫ ॥ ਕਰਨ ਕਰਾਵਨ ਸੋਈ ॥ ਆਨ ਨ ਦੀਸੈ ਕੋਈ ॥ ਠਾਕੁਰੁ ਮੇਰਾ ਸੁਘੜੁ ਸੁਜਾਨਾ ॥ ਗੁਰਮੁਖਿ ਮਿਲਿਆ ਰੰਗੁ ਮਾਨਾ ॥ ੧ ॥ ਐਸੋ ਰੇ ਹਰਿ ਰਸੁ ਮੀਠਾ ॥ ਗੁਰਮੁਖਿ ਕਿਨੈ ਵਿਰਲੈ ਡੀਠਾ ॥ ੧ ॥ ਰਹਾਉ ॥ ਨਿਰਮਲ ਜੋਤਿ ਅੰਮ੍ਰਿਤੁ ਹਰਿ ਨਾਮ ॥ ਪੀਵਤ ਅਮਰ ਭਏ ਨਿਹਕਾਮ ॥ ਤਨੁ ਮਨੁ ਸੀਤਲੁ ਅਗਨਿ ਨਿਵਾਰੀ ॥ ਅਨਦ ਰੂਪ ਪ੍ਰਗਟੇ

ਸੰਸਾਰੀ ॥ ੨ ॥ ਕਿਆ ਦੇਵਉ ਜਾ ਸਭੁ ਕਿਛੁ ਤੇਰਾ ॥ ਸਦ ਬਲਿਹਾਰਿ ਜਾਉ ਲਖ ਬੇਰਾ ॥ ਤਨੁ ਮਨੁ ਜੀਉ ਪਿੰਡੁ ਦੇ ਸਾਜਿਆ ॥ ਗੁਰ ਕਿਰਪਾ ਤੇ ਨੀਚੁ ਨਿਵਾਜਿਆ ॥੩॥ ਖੋਲਿ ਕਿਵਾਰਾ ਮਹਲਿ ਬੁਲਾਇਆ ॥ ਜੈਸਾ ਸਾ ਤੈਸਾ ਦਿਖਲਾਇਆ ॥ ਕਹੁ ਨਾਨਕ ਸਭੁ ਪੜਦਾ ਤੂਟਾ ॥ ਹਉ ਤੇਰਾ ਤੂ ਮੈ ਮਨਿ ਵੂਠਾ ॥੪॥੩॥੧੪॥ [ਪੰਨਾ ੮੯੬]

ਪਦ ਅਰਥ :-ਸੋਈ-ਉਹ (ਪਰਮਾਤਮਾ) ਹੀ। ਆਨ-[ਅਨ੍ਯ] ਦੂਜਾ ਹੋਰ। ਸੁਘੜੁ-ਗੰਭੀਰ। ਸੁਜਾਨਾ-ਸਿਆਣਾ। ਗੁਰਮੁਖਿ-ਗੁਰੂ ਦੀ ਰਾਹੀਂ। ਰੰਗੁ-ਆਤਮਕ ਆਨੰਦ। ਮਾਨਾ-ਮਾਣਿਆ। ੧।

ਰੇ-ਹੇ ਭਾਈ ! ਐਸੋ-(ਭਾਵ) ਅਸਚਰਜ। ਕਿਨੈ ਵਿਰਲੈ-ਕਿਸੇ ਵਿਰਲੇ ਨੇ। ੧। ਰਹਾਉ।

ਨਿਰਮਲ- ਮਲ-ਰਹਿਤ। ਜੋਤਿ-ਨੂਰ। ਅੰਮ੍ਰਿਤੁ-ਆਤਮਕ ਜੀਵਨ ਦੇਣ ਵਾਲਾ ਜਲ। ਅਮਰ-ਅ-ਮਰ, ਜਿਸ ਉਤੇ ਆਤਮਕ ਮੌਤ ਆਪਣਾ ਜੋਰ ਨ ਪਾ ਸਕੇ। ਨਿਹਕਾਮ-ਵਾਸਨਾ-ਰਹਿਤ। ਅਗਨਿ-(ਤ੍ਰਿਸ਼ਨਾ ਦੀ) ਅੱਗ। ਨਿਵਾਰੀ-ਦੂਰ ਕਰ ਦਿੱਤੀ। ਸੰਸਾਰੀ-ਸੰਸਾਰਿ, ਸੰਸਾਰ ਵਿਚ। ੨।

ਦੇਵਉ-ਦੇਵਉਂ, ਮੈਂ ਦਿਆਂ। ਸਦ-ਸਦਾ। ਬਲਿਹਾਰਿ-ਕੁਰਬਾਨ। ਜਾਉ-ਜਾਉਂ, ਮੈਂ ਜਾਵਾਂ। ਬੇਰਾ-ਵਾਰੀ। ਜੀਉ-ਜਿੰਦ। ਦੇ-ਦੇ ਕੇ। ਸਾਜਿਆ-ਪੈਦਾ ਕੀਤਾ। ਤੇ-ਤੋਂ, ਨਾਲ। ਨੀਚੁ-ਨੀਵਾਂ, ਮੰਦਾ, ਨਕਾਰਾ। ਨਿਵਾਜਿਆ-ਵਡਿਆਈ ਦਿੱਤੀ। ੩।

ਖੋਲਿ-ਖੋਲ੍ਹ ਕੇ। ਕਿਵਾਰਾ-ਕਿਵਾੜ, ਭਿੱਤ। ਮਹਲਿ-ਮਹਲ ਵਿਚ। ਸਾ-ਸੀ। ਸਭੁ-ਸਾਰਾ। ਹਉ-ਹਉਂ, ਮੈਂ। ਮੈ ਮਨਿ-ਮੇਰੇ ਮਨ ਵਿਚ। ਵੂਠਾ-ਆ ਵੱਸਿਆ।੪।

ਅਰਥ :-ਹੇ ਭਾਈ ! ਪਰਮਾਤਮਾ ਦੇ ਨਾਮ ਦਾ ਸੁਆਦ ਅਸਚਰਜ ਹੈ ਮਿੱਠਾ ਹੈ। ਕਿਸੇ ਵਿਰਲੇ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਉਸ ਦਾ ਦਰਸਨ ਕੀਤਾ ਹੈ। ੧।ਰਹਾਉ।

ਹੇ ਭਾਈ ! ਉਹ ਪਰਮਾਤਮਾ ਹੀ ਸਭ ਕੁਝ ਕਰਨ-ਜੋਗ ਹੈ ਅਤੇ (ਸਭ ਵਿਚ ਵਿਆਪਕ ਹੋ ਕੇ ਸਭ ਜੀਵਾਂ ਪਾਸੋਂ) ਕਰਾਵਣ ਵਾਲਾ ਹੈ। (ਕਿਤੇ ਭੀ) ਉਸ ਤੋਂ ਬਿਨਾ ਕੋਈ ਦੂਜਾ ਨਹੀਂ ਦਿੱਸਦਾ। ਹੇ ਭਾਈ ! ਮੇਰਾ ਉਹ ਮਾਲਕ-ਪ੍ਰਭੂ ਗੰਭੀਰ ਸੁਭਾਉ ਵਾਲਾ ਹੈ ਤੇ ਸਭ ਦੇ ਦਿਲ ਦੀ ਜਾਣਨ ਵਾਲਾ ਹੈ। ਗੁਰੂ ਦੀ ਰਾਹੀਂ, ਜਿਸ ਨੂੰ ਉਹ ਮਿਲ ਪੈਂਦਾ ਹੈ, ਉਹ ਮਨੁੱਖ ਆਤਮਕ ਆਨੰਦ ਮਾਣਦਾ ਹੈ। ੧।

ਹੇ ਭਾਈ ! ਉਸ ਪਰਮਾਤਮਾ ਦਾ ਨੂਰ ਮੈਲ-ਰਹਿਤ ਹੈ, ਉਸ ਦਾ ਨਾਮ ਆਤਮਕ

ਜੀਵਨ ਦੇਣ ਵਾਲਾ ਜਲ ਸਮਝੋ। ਉਸ ਨਾਮ-ਅੰਮ੍ਰਿਤ ਨੂੰ ਪੀਂਦਿਆਂ ਹੀ ਮਨੁੱਖ ਅਟੱਲ ਆਤਮਕ ਜੀਵਨ ਵਾਲੇ ਅਤੇ ਵਾਸਨਾ-ਰਹਿਤ ਹੋ ਜਾਂਦੇ ਹਨ। ਉਹਨਾਂ ਦਾ ਤਨ ਉਹਨਾਂ ਦਾ ਮਨ ਸ਼ਾਂਤ ਹੋ ਜਾਂਦਾ ਹੈ। ਪਰਮਾਤਮਾ (ਉਹਨਾਂ ਦੇ ਅੰਦਰੋਂ ਤ੍ਰਿਸ਼ਨਾ ਦੀ) ਅੱਗ ਬੁਝਾ ਦੇਂਦਾ ਹੈ। ਉਹ ਹਰ ਵੇਲੇ ਆਨੰਦ-ਭਰਪੂਰ ਰਹਿੰਦੇ ਹਨ, ਅਤੇ ਜਗਤ ਵਿਚ ਨਾਮਣੇ ਵਾਲੇ ਹੋ ਜਾਂਦੇ ਹਨ। ੨।

(ਹੇ ਪ੍ਰਭੂ ! ਤੇਰਾ ਉਹ ਨਾਮ-ਅੰਮ੍ਰਿਤ ਪ੍ਰਾਪਤ ਕਰਨ ਵਾਸਤੇ)ਮੈਂ ਤੇਰੇ ਅੱਗੇ ਕੀਹ ਲਿਆ ਧਰਾਂ, ਕਿਉਂਕਿ (ਮੇਰੇ ਪਾਸ ਤਾਂ) ਸਭ ਕੁਝ ਤੇਰਾ ਹੀ ਦਿੱਤਾ ਹੋਇਆ ਹੈ। ਹੇ ਪ੍ਰਭੂ ! ਮੈਂ ਤੈਥੋਂ ਸਦਾ ਹੀ ਲੱਖਾਂ ਵਾਰੀ ਸਦਕੇ ਜਾਂਦਾ ਹਾਂ। ਇਹ ਤਨ ਇਹ ਮਨ, ਇਹ ਜਿੰਦ ਇਹ ਸਰੀਰ ਦੇ ਕੇ ਤੂੰ ਮੈਨੂੰ ਪੈਦਾ ਕੀਤਾ ਹੈ, ਅਤੇ ਗੁਰੂ ਦੀ ਮੇਹਰ ਨਾਲ ਤੂੰ ਮੈਨੂੰ ਨਕਾਰੇ ਨੂੰ ਵਡਿਆਈ ਦਿੱਤੀ ਹੈ। ੩।

ਹੇ ਨਾਨਕ ! ਆਖ–(ਹੇ ਪ੍ਰਭੂ ! ਮੇਰੇ ਮਨ ਦੇ) ਕਿਵਾੜ ਕੋਲ੍ਹ ਕੇ ਤੂੰ ਮੈਨੂੰ ਆਪਣੇ ਚਰਨਾਂ ਵਿਚ ਜੋੜ ਲਿਆ ਹੈ, ਤੂੰ ਮੈਨੂੰ ਸਾਖਿਆਤ ਆਪਣਾ ਦੀਦਾਰ ਬਖ਼ਸ਼ਿਆ ਹੈ। (ਤੇਰੇ ਨਾਲੋਂ ਵਿੱਥ ਪਾਣ ਵਾਲਾ ਮੇਰੇ ਅੰਦਰੋਂ) ਸਾਰਾ ਪਰਦਾ ਹੁਣ ਟੁੱਟ ਗਿਆ ਹੈ, ਹੁਣ ਤੂੰ ਮੇਰੇ ਮਨ ਵਿਚ ਆ ਵੱਸਿਆ ਹੈਂ, ਮੈਂ ਤੇਰਾ ਹੋ ਚੁਕਾ ਹਾਂ।੪।੩।੧੪।

ਨੋਟ ! 'ਘਰੁ ੨' ਦਾ ਇਹ ਤੀਜਾ ਸ਼ਬਦ ਹੈ। 'ਮਹਲਾ ੫' ਦੇ ਹੁਣ ਤਕ ੧੪ ਸ਼ਬਦ ਆ ਚੁਕੇ ਹਨ।

ਰਾਮਕਲੀ ਮਹਲਾ ੫ ॥ ਸੇਵਕੁ ਲਾਇਓ ਅਪੁਨੀ ਸੇਵ ॥ ਅੰਮ੍ਰਿਤੁ ਨਾਮੁ ਦੀਓ ਮੁਖਿ ਦੇਵ ॥ ਸਗਲੀ ਚਿੰਤਾ ਆਪਿ ਨਿਵਾਰੀ ॥ ਤਿਸੁ ਗੁਰ ਕਉ ਹਉ ਸਦ ਬਲਿਹਾਰੀ ॥ ੧ ॥ ਕਾਜ ਹਮਾਰੇ ਪੂਰੇ ਸਤਗੁਰ ॥ ਬਾਜੇ ਅਨਹਦ ਤੂਰੇ ਸਤਗੁਰ ॥ ੧ ॥ ਰਹਾਉ ॥ ਮਹਿਮਾ ਜਾ ਕੀ ਗਹਿਰ ਗੰਭੀਰ॥ ਹੋਇ ਨਿਹਾਲੁ ਦੇਇ ਜਿਸੁ ਧੀਰ ॥ ਜਾ ਕੇ ਬੰਧਨ ਕਾਟੇ ਰਾਇ ॥ ਸੋ ਨਰੁ ਬਹੁਰਿ ਨ ਜੋਨੀ ਪਾਇ ॥ ੨ ॥ ਜਾ ਕੈ ਅੰਤਰਿ ਪ੍ਰਗਟਿਓ ਆਪ ॥ ਤਾ ਕਉ ਨਾਹੀ ਦੂਖ ਸੰਤਾਪ ॥ ਲਾਲੁ ਰਤਨੁ ਤਿਸੁ ਪਾਲੈ ਪਰਿਆ ॥ ਸਗਲ ਕੁਟੰਬ ਓਹੁ ਜਨੁ ਲੈ ਤਰਿਆ ॥ ੩ ॥ ਨਾ ਕਿਛੁ ਭਰਮੁ ਨ ਦੁਬਿਧਾ ਦੂਜਾ ॥ ਏਕੋ ਏਕੁ ਨਿਰੰਜਨ ਪੂਜਾ ॥ ਜਤ ਕਤ ਦੇਖਉ ਆਪਿ ਦਇਆਲ ॥ ਕਹੁ ਨਾਨਕ ਪ੍ਰਭ ਮਿਲੇ ਰਸਾਲ ॥੪॥੪॥੧੫॥ [ਪੰਨਾ ੮੯੭]

ਪਦ ਅਰਥ :– ਅੰਮ੍ਰਿਤੁ–ਆਤਮਕ ਜੀਵਨ ਦੇਣ ਵਾਲਾ। ਮੁਖਿ–ਮੂੰਹ ਵਿਚ। ਦੇਵ–ਚਾਨਣ-ਸਰੂਪ ਪ੍ਰਭੂ ਦਾ। ਸਗਲੀ–ਸਾਰੀ। ਨਿਵਾਰੀ–ਦੂਰ ਕੀਤੀ ਹੈ। ਕਉ–ਨੂੰ।

ਤੋਂ । ਹਉ–ਹਉਂ, ਮੈਂ । ਸਦ–ਸਦਾ । ਬਲਿਹਾਰਿ–ਕੁਰਬਾਨ । ੧ ।

ਸਤਿਗੁਰ–ਹੇ ਗੁਰੂ ! ਬਾਜੇ–ਵੱਜ ਰਹੇ ਹਨ । ਅਨਹਦ–ਇੱਕ-ਰਸ, ਲਗਾਤਾਰ । ਤੂਰੇ–ਵਾਜੇ । ੧ । ਰਹਾਉ ।

ਮਹਿਮਾ–ਵਡਿਆਈ । ਗਹਿਰ–ਗਹਿਰੀ, ਡੂੰਘੀ । ਗੰਭੀਰ–ਡੂੰਘੀ । ਹੋਇ ਨਿਹਾਲੁ–ਪੂਰਨ ਤੌਰ ਤੇ ਪ੍ਰਸੰਨ ਹੋ ਜਾਂਦਾ ਹੈ । ਦੇਇ–ਦੇਂਦਾ ਹੈ । ਧੀਰ–ਧੀਰਜ । ਰਾਇ –ਪ੍ਰਭੂ-ਪਾਤਿਸ਼ਾਹ ਨੇ । ਬਹੁਰਿ–ਮੁੜ, ਫਿਰ । ਨ ਪਾਇ–ਨਹੀਂ ਪੈਂਦਾ । ੨ ।

ਜਾ ਕੈ ਅੰਤਰਿ–ਜਿਸ ਦੇ ਅੰਦਰ । ਤਾ ਕਉ–ਉਸ (ਮਨੁੱਖ) ਨੂੰ । ਸੰਤਾਪ–ਕਲੇਸ਼ । ਤਿਸੁ ਪਾਲੈ–ਉਸ ਦੇ ਪੱਲੇ ਵਿਚ । ਤਿਸੁ ਪਾਲੇ ਪਰਿਆ–ਉਸ ਨੂੰ ਮਿਲ ਜਾਂਦਾ ਹੈ । ੩ ।

ਭਰਮੁ–ਭਟਕਨਾ । ਦੁਬਿਧਾ–ਦੁਚਿੱਤਾ-ਪਨ । ਦੂਜਾ–ਮੇਰ-ਤੇਰ । ਨਿਰੰਜਨ–[ਨਿਰ-ਅੰਜਨ । ਅੰਜਨ–ਮਾਇਆ ਦੇ ਮੋਹ ਦੀ ਕਾਲਖ] ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲਾ । ਜਤ ਕਤ–ਜਿਧਰ ਕਿਧਰ, ਹਰ ਪਾਸੇ । ਵੇਖਉ–ਦੇਖਉਂ, ਮੈਂ ਵੇਖਦਾ ਹਾਂ । ਰਸਾਲ–[ਰਸ-ਆਲਯ] ਆਨੰਦ ਦਾ ਸੋਮਾ । ੪ ।

ਅਰਥ :–ਹੇ ਸਤਿਗੁਰੂ ! ਤੂੰ ਮੇਰੇ ਸਾਰੇ ਕੰਮ ਸਿਰੇ ਚਾੜ੍ਹ ਦਿੱਤੇ ਹਨ (ਤੇਰੀ ਮੇਹਰ ਨਾਲ ਮੈਂ ਬੇ-ਗਰਜ਼ ਹੋ ਗਿਆ ਹਾਂ) । ਹੇ ਸਤਿਗੁਰੂ ! (ਹੁਣ ਇਉਂ ਪ੍ਰਤੀਤ ਹੋ ਰਿਹਾ ਹੈ, ਜਿਵੇਂ ਮੇਰੇ ਅੰਦਰ) ਇੱਕ-ਰਸ (ਖ਼ੁਸ਼ੀ ਦੇ) ਵਾਜੇ ਵੱਜ ਰਹੇ ਹਨ । ੧ । ਰਹਾਉ ।

ਹੇ ਭਾਈ ! ਮੈਂ ਉਸ ਗੁਰੂ ਤੋਂ ਸਦਾ ਸਦਕੇ ਜਾਂਦਾ ਹਾਂ, ਜਿਸ ਨੇ (ਮੇਰੇ ਅੰਦਰੋਂ) ਸਾਰੀ ਚਿੰਤਾ ਆਪ (ਮੇਹਰ ਕਰ ਕੇ) ਦੂਰ ਕਰ ਦਿੱਤੀ ਹੈ, ਜਿਸ ਨੇ ਚਾਨਣ-ਰੂਪ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ (ਜਪਣ ਵਾਸਤੇ ਮੇਰੇ) ਮੂੰਹ ਵਿਚ ਦਿੱਤਾ ਹੈ, ਜਿਸ ਨੇ (ਮੈਨੂੰ ਆਪਣਾ) ਸੇਵਕ (ਬਣਾ ਕੇ) ਆਪਣੀ (ਇਸ) ਸੇਵਾ ਵਿਚ ਲਾਇਆ ਹੈ । ੧ ।

ਹੇ ਭਾਈ ! ਜਿਸ ਪਰਮਾਤਮਾ ਦੀ ਵਡਿਆਈ ਬੇਅੰਤ ਅਥਾਹ ਹੈ, ਉਹ ਜਿਸ (ਮਨੁੱਖ) ਨੂੰ ਧੀਰਜ ਬਖ਼ਸ਼ਦਾ ਹੈ, ਉਹ ਮਨੁੱਖ ਲੂੰ-ਲੂੰ ਖ਼ੁਸ਼ ਹੋ ਜਾਂਦਾ ਹੈ । ਉਹ ਪ੍ਰਭੂ-ਪਾਤਿਸ਼ਾਹ ਜਿਸ ਮਨੁੱਖ ਦੇ (ਮਾਇਆ ਦੇ) ਬੰਧਨ ਕੱਟ ਦੇਂਦਾ ਹੈ, ਉਹ ਮਨੁੱਖ ਮੁੜ ਜਨਮਾਂ ਦੇ ਗੇੜ ਵਿਚ ਨਹੀਂ ਪੈਂਦਾ । ੨ ।

ਹੇ ਭਾਈ ! ਪਰਮਾਤਮਾ ਆਪ ਜਿਸ ਮਨੁੱਖ ਦੇ ਹਿਰਦੇ ਵਿਚ ਆਪਣਾ ਪ੍ਰਕਾਸ਼ ਕਰਦਾ ਹੈ, ਉਸ ਨੂੰ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦਾ । ਉਸ ਮਨੁੱਖ ਨੂੰ ਪ੍ਰਭੂ ਦਾ ਨਾਮ-ਲਾਲ ਲੱਭ ਪੈਂਦਾ ਹੈ, ਨਾਮ-ਰਤਨ ਮਿਲ ਜਾਂਦਾ ਹੈ । ਉਹ ਮਨੁੱਖ ਆਪਣੇ ਸਾਰੇ ਪਰਵਾਰ ਨੂੰ (ਭੀ ਆਪਣੇ ਨਾਲ) ਲੈ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ ।੩।

ਹੇ ਭਾਈ ! ਜੇਹੜਾ ਮਨੁੱਖ ਸਿਰਫ ਇੱਕ ਮਾਇਆ ਤੋਂ ਨਿਰਲੇਪ ਪ੍ਰਭੂ ਦੀ ਬੰਦਗੀ ਕਰਦਾ ਹੈ, ਉਸ ਨੂੰ ਕੋਈ ਭਟਕਣਾ ਨਹੀਂ ਰਹਿੰਦੀ, ਉਸ ਦੇ ਅੰਦਰ ਦੁਚਿੱਤਾ-ਪਨ ਨਹੀਂ

ਰਹਿ ਜਾਂਦਾ, ਉਸ ਦੇ ਹਿਰਦੇ ਵਿਚ ਮੇਰ-ਤੇਰ ਨਹੀਂ ਹੁੰਦੀ। ਹੇ ਨਾਨਕ ! ਆਖ–(ਗੁਰੂ ਦੀ ਕਿਰਪਾ ਨਾਲ ਮੈਨੂੰ) ਆਨੰਦ ਦਾ ਸੋਮਾ ਪ੍ਰਭੂ ਜੀ ਮਿਲ ਪਏ ਹਨ, ਹੁਣ ਮੈਂ ਜਿਧਰ ਕਿਧਰ ਵੇਖਦਾ ਹਾਂ, ਮੈਨੂੰ ਉਹ ਦਇਆ ਦਾ ਘਰ ਪ੍ਰਭੂ ਹੀ ਦਿੱਸ ਰਿਹਾ ਹੈ।੪।੪।੧੫।

ਰਾਮਕਲੀ ਮਹਲਾ ੫ ।। ਤਨ ਤੇ ਛੁਟਕੀ ਅਪਨੀ ਧਾਰੀ ॥ ਪ੍ਰਭ ਕੀ ਆਗਿਆ ਲਗੀ ਪਿਆਰੀ ।। ਜੋ ਕਿਛੁ ਕਰੈ ਸੁ ਮਨਿ ਮੇਰੈ ਮੀਠਾ ।। ਤਾ ਇਹੁ ਅਚਰਜੁ ਨੈਨਹੁ ਡੀਠਾ ।। ੧ ।। ਅਬ ਮੋਹਿ ਜਾਨੀ ਰੇ ਮੇਰੀ ਗਈ ਬਲਾਇ ।। ਬੁਝਿ ਗਈ ਤ੍ਰਿਸਨ ਨਿਵਾਰੀ ਮਮਤਾ ਗੁਰਿ ਪੂਰੈ ਲੀਓ ਸਮਝਾਇ ॥ ੧ ॥ ਰਹਾਉ ।। ਕਰਿ ਕਿਰਪਾ ਰਾਖਿਓ ਗੁਰਿ ਸਰਨਾ ॥ ਗੁਰਿ ਪਕਰਾਏ ਹਰਿ ਕੇ ਚਰਨਾ ।। ਬੀਸ ਬਿਸੁਏ ਜਾ ਮਨ ਠਹਰਾਨੇ ।। ਗੁਰ ਪਾਰਬ੍ਰਹਮ ਏਕੈ ਹੀ ਜਾਨੇ ।। ੨ ।। ਜੋ ਜੋ ਕੀਨੋ ਹਮ ਤਿਸ ਕੇ ਦਾਸ ।। ਪ੍ਰਭ ਮੇਰੇ ਕੋ ਸਗਲ ਨਿਵਾਸ ।। ਨਾ ਕੋ ਦੂਤੁ ਨਹੀ ਬੈਰਾਈ ॥ ਗਲਿ ਮਿਲਿ ਚਾਲੇ ਏਕੈ ਭਾਈ ।। ੩ ।। ਜਾ ਕਉ ਗੁਰਿ ਹਰਿ ਦੀਏ ਸੂਖਾ ।। ਤਾ ਕਉ ਬਹੁਰਿ ਨ ਲਾਗਹਿ ਦੂਖਾ ।। ਆਪੇ ਆਪਿ ਸਰਬ ਪ੍ਰਤਿਪਾਲ ।। ਨਾਨਕ ਰਾਤਉ ਰੰਗਿ ਗੋਪਾਲ ॥ ੪ ॥ ੫ ॥ ੧੬ ॥ [ਪੰਨਾ ੮੯੭]

ਪਦ ਅਰਥ :–ਤੇ–ਤੋਂ । ਤਨ ਤੇ–ਸਰੀਰ ਵਿਚੋਂ । ਛੁਟਕੀ–ਮੁੱਕ ਗਈ । ਧਾਰੀ–ਮਿਥੀ ਹੋਈ । ਅਪਨੀ ਧਾਰੀ–ਇਹ ਮਿਥ ਕਿ ਇਹ ਸਰੀਰ ਮੇਰਾ ਬਣਿਆ ਰਹੇਗਾ। ਆਗਿਆ–ਰਜ਼ਾ । ਕਰੈ–ਕਰਦਾ ਹੈ । ਮਨਿ ਮੇਰੈ–ਮੇਰੇ ਮਨ ਵਿਚ । ਤਾਂ–ਤਦੋਂ । ਨੈਨਹੁ –ਅੱਖਾਂ ਨਾਲ, ਪਰਤੱਖ । ੧ ।

ਮੋਹਿ–ਮੈਂ । ਰੇ–ਹੇ ਭਾਈ ! ਬਲਾਇ–ਚੰਬੜੀ ਹੋਈ ਬਿਪਤਾ । ਤ੍ਰਿਸਨ–ਮਾਇਆ ਦੇ ਲਾਲਚ ਦੀ ਅੱਗ । ਨਿਵਾਰੀ–ਦੂਰ ਕਰ ਦਿੱਤੀ ਹੈ । ਮਮਤਾ–ਅਪਣੱਤ, ਮਾਇਆ ਦਾ ਮੋਹ । ਗੁਰਿ ਪੂਰੈ–ਪੂਰੇ ਗੁਰੂ ਨੇ । ੧ । ਰਹਾਉ ।

ਕਰਿ–ਕਰ ਕੇ । ਗੁਰਿ–ਗੁਰੂ ਨੇ । ਬੀਸ ਬਿਸੁਏ–ਵੀਹ ਵਿਸਵੇ, ਸੋਲਾਂ ਆਨੇ, ਪੂਰਨ ਤੌਰ ਤੇ । ੨ ।

ਜੋ ਜੋ–ਜੇਹੜਾ ਜੇਹੜਾ ਪ੍ਰਾਣੀ । ਤਿਸ ਕੇ–[ਲਫ਼ਜ਼ 'ਤਿਸੁ ਦਾ _ ਸੰਬੰਧਕ 'ਕੇ' ਦੇ ਕਾਰਨ ਉੱਡ ਗਿਆ ਹੈ] । ਸਗਲ–ਸਾਰੇ ਜੀਵਾਂ ਵਿਚ । ਦੂਤੁ–ਦੋਖੀ, ਦੁਸ਼ਮਨ । ਬੈਰਾਈ –ਵੈਰੀ । ਗਲਿ–ਗਲ ਨਾਲ । ਮਿਲਿ–ਮਿਲ ਕੇ । ੩ ।

ਜਾ ਕਉ–ਜਿਸ (ਮਨੁੱਖ) ਨੂੰ । ਬਹੁਰਿ–ਮੁੜ । ਰਾਤਉ–ਰੱਤਾ ਹੋਇਆ [ਅੱਨ ਪੁਰਖ, ਇਕ ਵਚਨ] । ਰੰਗਿ–ਰੰਗ ਵਿਚ । ੪ ।

ਅਰਥ :–ਹੇ ਭਾਈ ! ਹੁਣ ਮੈਂ (ਆਤਮਕ ਜੀਵਨ ਦੀ ਮਰਯਾਦਾ) ਸਮਝ ਲਈ ਹੈ, ਮੇਰੇ ਅੰਦਰੋਂ (ਚਿਰਾਂ ਦੀ ਚੰਬੜੀ ਹੋਈ ਮਮਤਾ ਦੀ) ਡੈਣ ਨਿਕਲ ਗਈ ਹੈ। ਪੂਰੇ ਗੁਰੂ ਨੇ ਮੈਨੂੰ (ਜੀਵਨ ਦੀ) ਸੂਝ ਬਖ਼ਸ਼ ਦਿੱਤੀ ਹੈ। (ਮੇਰੇ ਅੰਦਰੋਂ) ਮਾਇਆ ਦੇ ਲਾਲਚ ਦੀ ਅੱਗ ਬੁੱਝ ਗਈ ਹੈ, ਗੁਰੂ ਨੇ ਮੇਰਾ ਮਾਇਆ ਦਾ ਮੋਹ ਦੂਰ ਕਰ ਦਿੱਤਾ ਹੈ। ੧ ।ਰਹਾਉ।

(ਹੇ ਭਾਈ ! ਗੁਰੂ ਦੀ ਕਿਰਪਾ ਨਾਲ) ਮੇਰੇ ਸਰੀਰ ਵਿਚੋਂ ਇਹ ਮਿਥ ਮੁੱਕ ਗਈ ਹੈ ਕਿ ਇਹ ਸਰੀਰ ਮੇਰਾ ਹੈ। ਇਹ ਸਰੀਰ ਮੇਰਾ ਹੈ। ਹੁਣ ਮੈਨੂੰ ਪਰਮਾਤਮਾ ਦੀ ਰਜ਼ਾ ਮਿੱਠੀ ਲੱਗਣ ਲੱਗ ਪਈ ਹੈ। ਜੋ ਕੁਝ ਪਰਮਾਤਮਾ ਕਰਦਾ ਹੈ, ਉਹ (ਹੁਣ) ਮੇਰੇ ਮਨ ਵਿਚ ਮਿੱਠਾ ਲੱਗ ਰਿਹਾ ਹੈ। (ਇਸ ਆਤਮਕ ਤਬਦੀਲੀ ਦਾ) ਇਹ ਅਚਰਜ ਤਮਾਸ਼ਾ ਮੈਂ ਪਰਤੱਖ ਵੇਖ ਲਿਆ ਹੈ। ੧।

(ਹੇ ਭਾਈ ! ਗੁਰੂ ਨੇ ਮੇਹਰ ਕਰ ਕੇ ਮੈਨੂੰ ਆਪਣੀ ਸਰਨ ਵਿਚ ਰੱਖਿਆ ਹੋਇਆ ਹੈ। ਗੁਰੂ ਨੇ ਪ੍ਰਭੂ ਦੇ ਚਰਨ ਫੜਾ ਦਿੱਤੇ ਹਨ। ਹੁਣ ਜਦੋਂ ਮੇਰਾ ਮਨ ਪੂਰੇ ਤੌਰ ਤੇ ਠਹਿਰ ਗਿਆ ਹੈ, (ਟਿਕ ਗਿਆ ਹੈ),ਮੈਨੂੰ ਗੁਰੂ ਅਤੇ ਪਰਮਾਤਮਾ ਇੱਕ-ਰੂਪ ਦਿੱਸ ਰਹੇ ਹਨ।੨।

(ਹੇ ਭਾਈ ! ਗੁਰੂ ਦੀ ਕਿਰਪਾ ਨਾਲ ਮੈਨੂੰ ਦਿੱਸ ਪਿਆ ਹੈ ਕਿ) ਸਾਰੇ ਹੀ ਜੀਵਾਂ ਵਿਚ ਮੇਰੇ ਪਰਮਾਤਮਾ ਦਾ ਨਿਵਾਸ ਹੈ, (ਇਸ ਵਾਸਤੇ) ਜੇਹੜਾ ਜੇਹੜਾ ਜੀਵ ਪਰਮਾਤਮਾ ਨੇ ਪੈਦਾ ਕੀਤਾ ਹੈ ਮੈਂ ਹਰੇਕ ਦਾ ਸੇਵਕ ਬਣ ਗਿਆ ਹਾਂ। ਮੈਨੂੰ ਕੋਈ ਭੀ ਜੀਵ ਆਪਣਾ ਦੁਸ਼ਮਨ ਵੈਰੀ ਨਹੀਂ ਦਿੱਸਦਾ। ਹੁਣ ਮੈਂ ਸਭਨਾਂ ਦੇ ਗਲ ਨਾਲ ਮਿਲ ਕੇ ਤੁਰਦਾ ਹਾਂ (ਜਿਵੇਂ ਅਸੀ) ਇੱਕੋ ਪਿਤਾ (ਦੇ ਪੁੱਤਰ) ਭਰਾ ਹਾਂ। ੩।

ਹੇ ਨਾਨਕ ! ਜਿਸ ਮਨੁੱਖ ਨੂੰ ਗੁਰੂ ਨੇ ਪ੍ਰਭੂ ਨੇ (ਇਹ) ਸੁਖ ਦੇ ਦਿੱਤੇ, ਉਸ ਉੱਤੇ ਦੁੱਖ ਮੁੜ ਆਪਣਾ ਜੋਰ ਨਹੀਂ ਪਾ ਸਕਦੇ। (ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਪਰ-ਮਾਤਮਾ ਆਪ ਹੀ ਸਭਨਾਂ ਦੀ ਪਾਲਣਾ ਕਰਨ ਵਾਲਾ ਹੈ। ਉਹ ਮਨੁੱਖ ਸ੍ਰਿਸ਼ਟੀ ਦੇ ਰੱਖਿ-ਅਕ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ। ੪। ੫। ੧੬।

ਰਾਮਕਲੀ ਮਹਲਾ ੫ ॥ ਮੁਖ ਤੇ ਪੜਤਾ ਟੀਕਾ ਸਹਿਤ ॥ ਹਿਰਦੈ ਰਾਮੁ ਨਹੀ ਪੂਰਨ ਰਹਤ ॥ ਉਪਦੇਸੁ ਕਰੇ ਕਰਿ ਲੋਕ ਦ੍ਰਿੜਾਵੈ ॥ ਅਪਨਾ ਕਹਿਆ ਆਪਿ ਨ ਕਮਾਵੈ ॥ ੧ ॥ ਪੰਡਿਤ ਬੇਦੁ ਬੀਚਾਰਿ ਪੰਡਿਤ ॥ ਮਨ ਕਾ ਕ੍ਰੋਧੁ ਨਿਵਾਰਿ ਪੰਡਿਤ ॥ ੧ ॥ ਰਹਾਉ ॥ ਆਗੈ ਰਾਖਿਓ ਸਾਲ-ਗਿਰਾਮੁ ॥ ਮਨੁ ਕੀਨੋ ਦਹ ਦਿਸ ਬਿਸ੍ਰਾਮੁ ॥ ਤਿਲਕੁ ਚਰਾਵੈ ਪਾਈ ਪਾਇ ॥ ਲੋਕ ਪਚਾਰਾ ਅੰਧੁ ਕਮਾਇ ॥ ੨ ॥ ਖਟੁ ਕਰਮਾ ਅਰੁ ਆਸਣੁ ਧੋਤੀ ॥ ਭਾਗਠਿ ਗ੍ਰਿਹਿ ਪੜੈ ਨਿਤ ਪੋਥੀ ॥ ਮਾਲਾ ਫੇਰੈ ਮੰਗੈ ਬਿਭੂਤ ॥ ਇਹ ਬਿਧਿ

ਕੋਇ ਨ ਤਰਿਓ ਮੀਤ ॥੩॥ ਸੋ ਪੰਡਿਤੁ ਗੁਰ ਸਬਦੁ ਕਮਾਇ ॥ ਤ੍ਰੈ ਗੁਣ ਕੀ ਓਸੁ ਉਤਰੀ ਮਾਇ ॥ ਚਤੁਰ ਬੇਦ ਪੂਰਨ ਹਰਿ ਨਾਇ ॥ ਨਾਨਕ ਤਿਸ ਕੀ ਸਰਣੀ ਪਾਇ ॥੪॥੬॥੧੭॥ [ਪੰਨਾ ੮੮੭]

ਪਦ ਅਰਥ :—ਤੇ—ਤੋਂ । ਮੁਖ ਤੇ—ਮੂੰਹੋਂ । ਟੀਕਾ ਸਹਿਤ—ਅਰਥਾਂ ਸਮੇਤ । ਹਿਰਦੈ—ਹਿਰਦੇ ਵਿਚ । ਰਹਤ—ਰਹਿਣੀ, ਆਚਰਨ । ਕਰਿ—ਕਰ ਕੇ । ਦ੍ਰਿੜਾਵੈ—ਪੱਕਾ ਨਿਸ਼ਚਾ ਦਿਵਾਂਦਾ ਹੈ । ੧ ।

ਪੰਡਿਤ—ਹੇ ਪੰਡਿਤ ! ਬੀਚਾਰਿ—ਸੋਚ-ਮੰਡਲ ਵਿਚ ਟਿਕਾਈ ਰੱਖ, ਮਨ ਵਿਚ ਵਸਾਈ ਰੱਖ । ਨਿਵਾਰਿ—ਦੂਰ ਕਰ । ੧ । ਰਹਾਉ ।

ਆਗੈ—ਆਪਣੇ ਸਾਹਮਣੇ । ਰਾਖਿਓ—ਰੱਖਿਆ ਹੋਇਆ ਹੈ । ਸਾਲਗਿਰਾਮੁ—ਠਾਕੁਰ ਦੀ ਮੂਰਤੀ । ਦਹ ਦਿਸ—ਦਸ ਦਿਸ਼ਾਂ ਵਿਚ, ਦਸੀਂ ਪਾਸੀਂ । ਚਰਾਵੈ—ਮੱਥੇ ਉੱਤੇ ਲਾਂਦਾ ਹੈ । ਪਾਈ—ਪਾਈਂ, ਪੈਰੀਂ । ਪਾਇ—ਪੈਂਦਾ ਹੈ । ਪਚਾਰਾ—ਪਰਚਾਉਣ ਦਾ ਕੰਮ । ਅੰਧੁ—ਅੰਨ੍ਹਾ ਮਨੁੱਖ । ੨ ।

ਖਟੁ ਕਰਮਾ—ਸ਼ਾਸਤ੍ਰਾਂ ਦੇ ਦੱਸੇ ਹੋਏ ਛੇ ਧਾਰਮਿਕ ਕੰਮ [ਦਾਨ ਦੇਣਾ ਤੇ ਲੈਣਾ; ਜੱਗ ਕਰਨਾ ਤੇ ਕਰਾਣਾ; ਵਿੱਦਿਆ ਪੜ੍ਹਨੀ ਤੇ ਪੜ੍ਹਾਣੀ] । ਅਰੁ—ਅਤੇ । ਭਾਗਠਿ—ਭਾਗਾਂ ਵਾਲਾ ਮਨੁੱਖ, ਧਨਾਢ । ਗ੍ਰਿਹਿ—ਘਰ ਵਿਚ । ਬਿਭੂਤ—ਧਨ । ਮੀਤ—ਹੇ ਮਿੱਤਰ ! ੩ ।

ਸਬਦੁ ਕਮਾਇ—ਸ਼ਬਦ ਅਨੁਸਾਰ ਜੀਵਨ ਢਾਲਦਾ ਹੈ । ਓਸੁ—ਉਸ ਮਨੁੱਖ ਦੀ । ਉਤਰੀ—ਲਹਿ ਜਾਂਦੀ ਹੈ । ਤ੍ਰੈ ਗੁਣ ਕੀ ਮਾਇ—ਤਿੰਨ ਗੁਣਾਂ ਵਾਲੀ ਮਾਇਆ । ਚਤੁਰ—ਚਾਰ । ਨਾਇ—ਨਾਮ ਵਿਚ । ਤਿਸ ਕੀ—[ਲਫ਼ਜ਼ 'ਤਿਸੁ' ਦਾ _ ਸੰਬੰਧਕ 'ਕੀ' ਦੇ ਕਾਰਨ ਉੱਡ ਗਿਆ ਹੈ] । ਪਾਇ—ਪੈਂਦਾ ਹੈ । ੪ ।

ਅਰਥ :—ਹੇ ਪੰਡਿਤ ! ਵੇਦ (ਆਦਿਕ ਧਰਮ-ਪੁਸਤਕ ਦੇ ਉਪਦੇਸ਼) ਨੂੰ (ਆਪਣੇ) ਮਨ ਵਿਚ ਵਸਾਈ ਰੱਖ, ਅਤੇ ਆਪਣੇ ਮਨ ਦਾ ਗੁੱਸਾ ਦੂਰ ਕਰ ਦੇ । ੧ । ਰਹਾਉ ।

(ਜੇਹੜਾ ਮਨੁੱਖ ਧਰਮ-ਪੁਸਤਕਾਂ ਨੂੰ) ਮੂੰਹੋਂ ਤਾਂ ਅਰਥਾਂ ਸਮੇਤ ਪੜ੍ਹਦਾ ਹੈ, ਪਰ ਉਸ ਦੇ ਹਿਰਦੇ ਵਿਚ ਪਰਮਾਤਮਾ ਨਹੀਂ ਵੱਸਦਾ, ਨਾਂਹ ਹੀ ਉਸ ਦੀ ਰਹਿਣੀ ਬੇ-ਦਾਗ਼ ਹੈ, ਹੋਰ ਲੋਕਾਂ ਨੂੰ (ਧਰਮ-ਪੁਸਤਕਾਂ ਦਾ) ਉਪਦੇਸ਼ ਕਰਦਾ ਹੈ (ਅਤੇ ਉਪਦੇਸ਼) ਕਰ ਕੇ ਉਹਨਾਂ ਦੇ ਮਨ ਵਿਚ (ਉਹ ਉਪਦੇਸ਼) ਪੱਕੀ ਤਰ੍ਹਾਂ ਬਿਠਾਂਦਾ ਹੈ, ਪਰ ਆਪਣਾ ਇਹ ਦੱਸਿਆ ਹੋਇਆ ਉਪਦੇਸ਼ ਆਪ ਨਹੀਂ ਕਮਾਂਦਾ (ਉਸ ਨੂੰ ਪੰਡਿਤ ਨਹੀਂ ਆਖਿਆ ਜਾ ਸਕਦਾ) ।੧।

(ਆਤਮਕ ਜੀਵਨ ਵਲੋਂ) ਅੰਨ੍ਹਾ (ਮਨੁੱਖ) ਸਾਲਗਿਰਾਮ ਦੀ ਮੂਰਤੀ ਆਪਣੇ ਸਾਹਮਣੇ ਰੱਖ ਲੈਂਦਾ ਹੈ, ਪਰ ਉਸ ਦਾ ਮਨ ਦਸੀਂ ਪਾਸੀਂ ਟਿਕਿਆ ਹੋਇਆ ਹੈ । ਅੰਨ੍ਹਾ

(ਮਨੁੱਖ ਆਪਣੇ ਮੱਥੇ ਉੱਤੇ) ਤਿਲਕ ਲਾਂਦਾ ਹੈ,(ਮੂਰਤੀ ਦੇ) ਪੈਰਾਂ ਉੱਤੇ (ਭੀ)ਪੈਂਦਾ ਹੈ। ਪਰ ਇਹ ਸਭ ਕੁਝ ਉਹ ਸਿਰਫ਼ ਦੁਨੀਆ ਨੂੰ ਪਤਿਆਉਣ ਦਾ ਕੰਮ ਹੀ ਕਰਦਾ ਹੈ।੨।

(ਆਤਮਕ ਜੀਵਨ ਵਲੋਂ ਅੰਨ੍ਹਾ ਮਨੁੱਖ ਸ਼ਾਸਤ੍ਰਾਂ ਦੇ ਦੱਸੇ ਹੋਏ) ਛੇ ਧਾਰਮਿਕ ਕੰਮ ਕਰਦਾ ਹੈ, (ਦੇਵ-ਪੂਜਾ ਕਰਨ ਵਾਸਤੇ ਉਸ ਨੇ ਉੱਨ ਆਦਿਕ ਦਾ)ਆਸਣ(ਭੀ ਰੱਖਿਆ ਹੋਇਆ ਹੈ, ਪੂਜਾ ਕਰਨ ਵੇਲੇ)ਧੋਤੀ (ਭੀ ਪਹਿਨਦਾ ਹੈ),ਕਿਸੇ ਧਨਾਢ ਦੇ ਘਰ (ਜਾ ਕੇ) ਸਦਾ (ਆਪਣੀ ਧਾਰਮਿਕ) ਪੁਸਤਕ ਭੀ ਪੜ੍ਹਦਾ ਹੈ, (ਉਸ ਦੇ ਘਰ ਬੈਠ ਕੇ) ਮਾਲਾ ਫੇਰਦਾ ਹੈ, (ਫਿਰ ਉਸ ਧਨਾਢ ਪਾਸੋਂ) ਧਨ-ਪਦਾਰਥ ਮੰਗਦਾ ਹੈ—ਹੇ ਮਿੱਤਰ! ਇਸ ਤਰੀਕੇ ਨਾਲ ਕੋਈ ਮਨੁੱਖ ਕਦੇ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘਿਆ। ੩।

ਉਹ ਮਨੁੱਖ (ਹੀ) ਪੰਡਿਤ ਹੈ ਜੇਹੜਾ ਗੁਰੂ ਦੇ ਸ਼ਬਦ ਅਨੁਸਾਰ ਆਪਣਾ ਜੀਵਨ ਢਾਲਦਾ ਹੈ। ਤ੍ਰਿੰਨਾਂ ਗੁਣਾਂ ਵਾਲੀ ਇਹ ਮਾਇਆ ਉਸ ਮਨੁੱਖ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੀ। ਉਸ ਦੇ ਭਾ ਦੇ ਪਰਮਾਤਮਾ ਦੇ ਨਾਮ ਵਿਚ(ਹੀ)ਚਾਰੇ ਵੇਦ ਮੁਕੰਮਲ ਤੌਰ ਤੇ ਆ ਜਾਂਦੇ ਹਨ। ਹੇ ਨਾਨਕ! (ਆਖ—ਕੋਈ ਭਾਗਾਂ ਵਾਲਾ ਮਨੁੱਖ) ਉਸ (ਪੰਡਿਤ) ਦੀ ਸਰਨ ਪੈਂਦਾ ਹੈ। ੪। ੬। ੧੭।

ਰਾਮਕਲੀ ਮਹਲਾ ੫ ॥ ਕੋਟਿ ਬਿਘਨ ਨਹੀ ਆਵਹਿ ਨੇਰਿ ॥ਅਨਿਕ ਮਾਇਆ ਹੈ ਤਾ ਕੀ ਚੇਰਿ ॥ ਅਨਿਕ ਪਾਪ ਤਾ ਕੇ ਪਾਨੀਹਾਰ ॥ ਜਾ ਕਉ ਮਇਆ ਭਈ ਕਰਤਾਰ॥੧॥ਜਿਸਹਿ ਸਹਾਈ ਹੋਇ ਭਗਵਾਨ॥ਅਨਿਕ ਜਤਨ ਉਆ ਕੈ ਸਰੰਜਾਮ ॥ ੧ ॥ ਰਹਾਉ ॥ ਕਰਤਾ ਰਾਖੈ ਕੀਤਾ ਕਉਨੁ ॥ ਕੀਰੀ ਜੀਤੋ ਸਗਲਾ ਭਵਨੁ ॥ ਬੇਅੰਤ ਮਹਿਮਾ ਤਾ ਕੀ ਕੇਤਕ ਬਰਨ ॥ ਬਲਿ ਬਲਿ ਜਾਈਐ ਤਾ ਕੇ ਚਰਨ ॥੨॥ ਤਿਨ ਹੀ ਕੀਆ ਜਪੁ ਤਪੁ ਧਿਆਨੁ ॥ ਅਨਿਕ ਪ੍ਰਕਾਰ ਕੀਆ ਤਿਨਿ ਦਾਨੁ ॥ ਭਗਤੁ ਸੋਈ ਕਲਿ ਮਹਿ ਪਰਵਾਨੁ॥ ਜਾ ਕਉ ਠਾਕੁਰਿ ਦੀਆ ਮਾਨੁ ॥ ੩ ॥ ਸਾਧ ਸੰਗਿ ਮਿਲਿ ਭਏ ਪ੍ਰਗਾਸ ॥ ਸਹਜ ਸੂਖ ਆਸ ਨਿਵਾਸ ॥ ਪੂਰੈ ਸਤਿਗੁਰਿ ਦੀਆ ਬਿਸਾਸ ॥ ਨਾਨਕ ਹੋਏ ਦਾਸਨਿ ਦਾਸ ॥ ੪ ॥ ੭ ॥ ੧੮ ॥ [ਪੰਨਾ ੮੯੮]

ਪਦ ਅਰਥ :—ਕੋਟਿ—ਕ੍ਰੋੜਾਂ। ਬਿਘਨ—ਰੁਕਾਵਟਾਂ। ਨੇਰਿ—ਨੇੜੇ। ਤਾ ਕੀ—ਉਸ ਦੀ। ਚੇਰਿ—ਚੇਰੀ, ਦਾਸੀ। ਪਾਨੀਹਾਰ—ਪਾਣੀ ਭਰਨ ਵਾਲੇ। ਮਇਆ ਕਰਤਾਰ—ਕਰਤਾਰ ਦੀ ਦਇਆ।੧।

ਸਹਾਈ—ਮਦਦਗਾਰ। ਉਆ ਕੈ—ਉਸ ਦੇ ਘਰ ਵਿਚ। ਸਰੰਜਾਮ—ਸਫਲ [ਫ਼ਾ:]। ੧। ਰਹਾਉ।

ਕੀਤਾ—ਪੈਦਾ ਕੀਤਾ ਹੋਇਆ ਜੀਵ । ਕਉਨੁ—ਕੀਹ ਵਿਚਾਰਾ ? ਕੀਰੀ—ਕੀੜੀ । ਭ੍ਵਨੁ—ਜਗਤ । ਮਹਿਮਾ—ਵਡਿਆਈ । ਕੇਤਕ—ਕਿਤਨੀ ਕੁ ? ਬਰਨ—ਬਿਆਨ ਕੀਤੀ ਜਾਏ । ਬਲਿ ਬਲਿ—ਸਦਕੇ, ਕੁਰਬਾਨ । ੨ ।

ਤਿਨ ਹੀ—ਤਿਨਿ ਹੀ, ਉਸ ਮਨੁੱਖ ਨੇ ਹੀ [ਲਫ਼ਜ਼ 'ਤਿਨਿ' ਦੀ ਿ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ] । ਤਿਨਿ—ਉਸ ਨੇ । ਕਲਿ ਮਹਿ—(ਭਾਵ) ਜਗਤ ਵਿਚ । ਠਾਕੁਰਿ—ਠਾਕੁਰ ਨੇ । ਮਾਨੁ—ਆਦਰ । ੩ ।

ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ । ਮਿਲਿ—ਮਿਲ ਕੇ । ਪ੍ਰਗਾਸ—(ਆਤਮਕ ਜੀਵਨ ਦਾ) ਚਾਨਣ । ਸਹਜ ਨਿਵਾਸ—ਆਤਮਕ ਅਡੋਲਤਾ ਦਾ ਟਿਕਾਣਾ । ਸੂਖ ਨਿਵਾਸ —ਸੁਖਾਂ ਦਾ ਸੋਮਾ । ਆਸ ਨਿਵਾਸ—ਆਸਾਂ ਦਾ ਪੂਰਕ । ਸਤਿਗੁਰਿ—ਸਤਿਗੁਰੂ ਨੇ । ਬਿਸਾਸ—[ਵਿਸ਼ਵਾਸ] ਭਰੋਸਾ, ਨਿਸ਼ਚਾ । ਦਾਸਨਿ ਦਾਸ—ਦਾਸਾਂ ਦੇ ਦਾਸ । ੪ ।

ਅਰਥ :—ਹੇ ਭਾਈ ! ਜਿਸ ਮਨੁੱਖ ਦਾ ਮਦਦਗਾਰ ਪਰਮਾਤਮਾ (ਆਪ) ਬਣਦਾ ਹੈ, ਉਸ ਦੇ ਘਰ ਵਿਚ (ਉਸ ਦੇ) ਅਨੇਕਾਂ ਉੱਦਮ ਸਫ਼ਲ ਹੋ ਜਾਂਦੇ ਹਨ ।੧। ਰਹਾਉ ।

ਹੇ ਭਾਈ ! ਜਿਸ ਮਨੁੱਖ ਉੱਤੇ ਕਰਤਾਰ ਦੀ ਮੇਹਰ ਹੁੰਦੀ ਹੈ, (ਜਗਤ ਦੇ) ਅਨੇਕਾਂ ਵਿਕਾਰ ਉਸ ਦਾ ਪਾਣੀ ਭਰਨ ਵਾਲੇ ਬਣ ਜਾਂਦੇ ਹਨ (ਉਸ ਉੱਤੇ ਆਪਣਾ ਜ਼ੋਰ ਨਹੀਂ ਪਾ ਸਕਦੇ), ਅਨੇਕਾਂ (ਤਰੀਕਿਆਂ ਨਾਲ ਮੋਹਣ ਵਾਲੀ) ਮਾਇਆ ਉਸ ਦੀ ਦਾਸੀ ਬਣੀ ਰਹਿੰਦੀ ਹੈ, (ਜੀਵਾਂ ਦੀ ਜ਼ਿੰਦਗੀ ਦੇ ਰਾਹ ਵਿਚ ਆਉਣ ਵਾਲੀਆਂ) ਕ੍ਰੋੜਾਂ ਰੁਕਾਵਟਾਂ ਉਸ ਦੇ ਨੇੜੇ ਨਹੀਂ ਆਉਂਦੀਆਂ । ੧ ।

ਹੇ ਭਾਈ ! ਕਰਤਾਰ ਜਿਸ ਮਨੁੱਖ ਦੀ ਰੱਖਿਆ ਕਰਦਾ ਹੈ, ਉਸ ਦਾ ਪੈਦਾ ਕੀਤਾ ਹੋਇਆ ਜੀਵ ਉਸ ਮਨੁੱਖ ਦਾ ਕੁਝ ਭੀ ਨਹੀਂ ਵਿਗਾੜ ਸਕਦਾ । (ਜੇ ਕਰਤਾਰ ਦੀ ਮੇਹਰ ਹੋਵੇ, ਤਾਂ) ਕੀੜੀ (ਭੀ) ਸਾਰੇ ਜਗਤ ਨੂੰ ਜਿੱਤ ਲੈਂਦੀ ਹੈ । ਹੇ ਭਾਈ ! ਉਸ ਕਰਤਾਰ ਦੀ ਬੇਅੰਤ ਵਡਿਆਈ ਹੈ । ਕਿਤਨੀ ਕੁ ਬਿਆਨ ਕੀਤੀ ਜਾਏ ? ਉਸ ਦੇ ਚਰਨਾਂ ਤੋਂ ਸਦਾ ਸਦਕੇ ਜਾਣਾ ਚਾਹੀਦਾ ਹੈ । ੨ ।

ਹੇ ਭਾਈ ! ਜਿਸ ਮਨੁੱਖ ਨੂੰ ਮਾਲਕ-ਪ੍ਰਭੂ ਨੇ ਆਦਰ ਬਖ਼ਸ਼ਿਆ, ਉਹੀ ਅਸਲ ਭਗਤ ਹੈ, ਉਹੀ ਜਗਤ ਵਿਚ ਮੰਨਿਆ-ਪ੍ਰਮੰਨਿਆ ਜਾਂਦਾ ਹੈ । ਉਸੇ ਮਨੁੱਖ ਨੇ ਜਪ ਕੀਤਾ ਸਮਝੋ, ਉਸੇ ਮਨੁੱਖ ਨੇ ਤਪ ਸਾਧਿਆ ਜਾਣੋ, ਉਸੇ ਮਨੁੱਖ ਨੇ ਸਮਾਧੀ ਲਾਈ ਸਮਝੋ, ਉਸੇ ਮਨੁੱਖ ਨੇ ਹੀ ਅਨੇਕਾਂ ਕਿਸਮਾਂ ਦਾ ਦਾਨ ਦਿੱਤਾ ਜਾਣੋ (ਉਹੀ ਅਸਲ ਜਪੀ ਹੈ ਉਹੀ ਅਸਲ ਤਪੀ ਹੈ, ਉਹੀ ਅਸਲ ਜੋਗੀ ਹੈ, ਉਹੀ ਅਸਲ ਦਾਨੀ ਹੈ) । ੩ ।

ਹੇ ਨਾਨਕ ! ਪੂਰੇ ਗੁਰੂ ਨੇ ਜਿਨ੍ਹਾਂ ਮਨੁੱਖਾਂ ਨੂੰ ਇਹ ਨਿਸ਼ਚਾ ਬਣਾ ਦਿੱਤਾ ਕਿ ਪਰਮਾਤਮਾ ਆਤਮਕ ਅਡੋਲਤਾ ਅਤੇ ਸੁਖਾਂ ਦਾ ਸੋਮਾ ਹੈ, ਪਰਮਾਤਮਾ ਹੀ ਸਭ ਜੀਆਂ

ਆਸਾਂ ਪੂਰੀਆਂ ਕਰਨ ਵਾਲਾ ਹੈ, ਗੁਰੂ ਦੀ ਸੰਗਤਿ ਵਿਚ ਮਿਲ ਕੇ ਉਹਨਾਂ ਮਨੁੱਖਾਂ ਦੇ ਅੰਦਰ ਆਤਮਕ ਜੀਵਨ ਦਾ ਚਾਨਣ ਹੋ ਜਾਂਦਾ ਹੈ, ਉਹ ਮਨੁੱਖ ਪ੍ਰਭੂ ਦੇ ਦਾਸਾਂ ਦੇ ਦਾਸ ਬਣੇ ਰਹਿੰਦੇ ਹਨ। ੪। ੭। ੧੮।

ਰਾਮਕਲੀ ਮਹਲਾ ੫ ॥ ਦੋਸੁ ਨ ਦੀਜੈ ਕਾਹੂ ਲੋਗ ॥ ਜੋ ਕਮਾਵਨੁ ਸੋਈ ਭੋਗ ॥ ਆਪਨ ਕਰਮ ਆਪੇ ਹੀ ਬੰਧ ॥ ਆਵਨੁ ਜਾਵਨੁ ਮਾਇਆ ਧੰਧ ॥ ੧ ॥ ਐਸੀ ਜਾਨੀ ਸੰਤ ਜਨੀ ॥ ਪਰਗਾਸੁ ਭਇਆ ਪੂਰੇ ਗੁਰ ਬਚਨੀ ॥ ੧ ॥ ਰਹਾਉ ॥ ਤਨੁ ਧਨੁ ਕਲਤੁ ਮਿਥਿਆ ਬਿਸਥਾਰ ॥ ਹੈਵਰ ਗੈਵਰ ਚਾਲਨਹਾਰ ॥ ਰਾਜ ਰੰਗ ਰੂਪ ਸਭਿ ਕੂਰ ॥ ਨਾਮ ਬਿਨਾ ਹੋਇ ਜਾਸੀ ਧੂਰ ॥ ੨ ॥ ਭਰਮਿ ਭੂਲੇ ਬਾਦਿ ਅਹੰਕਾਰੀ ॥ ਸੰਗਿ ਨਾਹੀ ਰੇ ਸਗਲ ਪਸਾਰੀ ॥ ਸੋਗ ਹਰਖ ਮਹਿ ਦੇਹ ਬਿਰਧਾਨੀ ॥ ਸਾਕਤ ਇਵ ਹੀ ਕਰਤ ਬਿਹਾਨੀ ॥ ੩ ॥ ਹਰਿ ਕਾ ਨਾਮੁ ਅੰਮ੍ਰਿਤੁ ਕਲਿ ਮਾਹਿ ॥ ਏਹੁ ਨਿਧਾਨਾ ਸਾਧੂ ਪਾਹਿ ॥ ਨਾਨਕ ਗੁਰੁ ਗੋਵਿਦੁ ਜਿਸੁ ਤੂਠਾ ॥ ਘਟਿ ਘਟਿ ਰਮਈਆ ਤਿਨ ਹੀ ਡੀਠਾ ॥੪॥੮॥੧੯॥ [ਪੰਨਾ ੮੮੮]

ਪਦ ਅਰਥ :—ਕਾਹੂ ਲੋਗ—ਕਿਸੇ ਪ੍ਰਾਣੀ ਨੂੰ। ਭੋਗ—ਫਲ ਮਿਲਦਾ ਹੈ। ਬੰਧ—ਬੰਧਨ। ਆਵਨੁ ਜਾਵਨੁ—ਜਨਮ ਮਰਨ ਦਾ ਗੇੜ। ਧੰਧ—ਧੰਧੇ। ੧।

ਐਸੀ—ਇਹੋ ਜਿਹੀ (ਜੀਵਨ-ਜੁਗਤਿ)। ਜਨੀ—ਜਨਾਂ ਨੇ। ਪਰਗਾਸੁ—(ਆਤਮਕ ਜੀਵਨ ਦਾ) ਚਾਨਣ। ਬਚਨੀ—ਬਚਨਾਂ ਦੀ ਰਾਹੀਂ। ੧। ਰਹਾਉ।

ਕਲਤੁ—[ਕਲਤ੍ਰ] ਇਸਤ੍ਰੀ। ਮਿਥਿਆ—ਨਾਸਵੰਤ। ਬਿਸਥਾਰ—(ਮੋਹ ਦਾ) ਖਿਲਾਰਾ। ਹੈਵਰ—[ਹ੍ਯਵਰ] ਵਧੀਆ ਘੋੜੇ। ਗੈਵਰ—[ਗਜਵਰ] ਵਧੀਆ ਹਾਥੀ। ਸਭਿ—ਸਾਰੇ। ਕੂਰ—ਕੂੜ, ਨਾਸਵੰਤ। ਹੋਇ ਜਾਸੀ—ਹੋ ਜਾਇਗਾ। ਧੂਰ—ਮਿੱਟੀ। ੨।

ਭਰਮਿ—ਭਟਕਣਾ ਵਿਚ। ਭੂਲੇ—ਕੁਰਾਹੇ ਪਏ ਹੋਏ। ਬਾਦਿ—ਵਿਅਰਥ। ਰੇ—ਹੇ ਭਾਈ! ਹਰਖ—ਖ਼ੁਸ਼ੀ। ਦੇਹ—ਸਰੀਰ। ਸਾਕਤ—ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ। ਇਵ ਹੀ—ਇਸੇ ਤਰ੍ਹਾਂ। ਬਿਹਾਨੀ—ਬੀਤ ਜਾਂਦੀ ਹੈ।੩।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਕਲਿ ਮਾਹਿ—ਜਗਤ ਵਿਚ। ਨਿਧਾਨਾ—ਖ਼ਜ਼ਾਨਾ। ਸਾਧੂ—ਗੁਰੂ। ਪਾਸਿ—ਪਾਸ, ਕੋਲ। ਤੂਠਾ—ਪ੍ਰਸੰਨ ਹੋਇਆ। ਘਟਿ ਘਟਿ—ਹਰੇਕ ਸਰੀਰ ਵਿਚ। ਤਿਨ ਹੀ—ਤਿਨਿ ਹੀ, ਉਸ ਨੇ ਹੀ [ਲਫ਼ਜ਼ 'ਤਿਨਿ' ਦੀ ਿ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ]। ੪।

ਅਰਥ :—ਹੇ ਭਾਈ! ਪੂਰੇ ਗੁਰੂ ਦੇ ਬਚਨਾਂ ਉੱਤੇ ਤੁਰ ਕੇ (ਜਿਨ੍ਹਾਂ ਮਨੁੱਖਾਂ ਦੇ

ਅੰਦਰ ਆਤਮਕ ਜੀਵਨ ਦਾ) ਚਾਨਣ ਹੋ ਗਿਆ, ਉਹਨਾਂ ਸੰਤ ਜਨਾਂ ਨੇ (ਜੀਵਨ-ਜੁਗਤਿ ਨੂੰ) ਇਉਂ ਸਮਝਿਆ ਹੈ। ੧। ਰਹਾਉ।

(ਹੇ ਭਾਈ! ਉਹਨਾਂ ਸੰਤ ਜਨਾਂ ਨੇ ਇਉਂ ਸਮਝਿਆ ਹੈ ਕਿ ਆਪਣੀ ਕਿਸੇ ਔਖਿਆਈ ਬਾਰੇ) ਕਿਸੇ ਹੋਰ ਪ੍ਰਾਣੀਆਂ ਨੂੰ ਦੋਸ ਨਹੀਂ ਦੇਣਾ ਚਾਹੀਦਾ। ਮਨੁੱਖ ਜੋ ਕਰਮ ਕਮਾਂਦਾ ਹੈ, ਉਸੇ ਦਾ ਹੀ ਫਲ ਭੋਗਦਾ ਹੈ। ਆਪਣੇ ਕੀਤੇ ਕਰਮਾਂ (ਦੇ ਸੰਸਕਾਰਾਂ) ਅਨੁਸਾਰ ਮਨੁੱਖ ਆਪ ਹੀ (ਮਾਇਆ ਦੇ) ਬੰਧਨਾਂ ਵਿਚ (ਜਕੜਿਆ ਰਹਿੰਦਾ ਹੈ), ਮਾਇਆ ਦੇ ਧੰਧਿਆਂ ਦੇ ਕਾਰਨ ਜਨਮ ਮਰਨ ਦਾ ਗੇੜ ਬਣਿਆ ਰਹਿੰਦਾ ਹੈ। ੧।

ਹੇ ਭਾਈ! ਸਰੀਰ, ਧਨ, ਵਹੁਟੀ-(ਮੋਹ ਦੇ ਇਹ ਸਾਰੇ) ਖਿਲਾਰੇ ਨਾਸਵੰਤ ਹਨ। ਵਧੀਆ ਘੋੜੇ, ਵਧੀਆ ਹਾਥੀ-ਇਹ ਭੀ ਨਾਸਵੰਤ ਹਨ। ਦੁਨੀਆ ਦੀਆਂ ਬਾਦਸ਼ਾਹੀਆਂ, ਰੰਗ-ਤਮਾਸ਼ੇ ਅਤੇ ਸੁੰਦਰ ਨੁਹਾਰਾਂ-ਇਹ ਭੀ ਸਾਰੇ ਕੂੜੇ ਪਸਾਰੇ ਹਨ। ਹੇ ਭਾਈ! ਪਰਮਾਤਮਾ ਦੇ ਨਾਮ ਤੋਂ ਬਿਨਾ ਹਰੇਕ ਸ਼ੈ ਮਿੱਟੀ ਹੋ ਜਾਇਗੀ। ੨।

ਹੇ ਭਾਈ! ਜਿਨ੍ਹਾਂ ਪਦਾਰਥਾਂ ਦੀ ਖ਼ਾਤਰ ਮਨੁੱਖ ਭਟਕਣਾ ਵਿਚ ਪੈ ਕੇ ਜੀਵਨ ਦੇ ਗ਼ਲਤ ਰਸਤੇ ਪੈ ਜਾਂਦੇ ਹਨ ਅਤੇ ਵਿਅਰਥ ਮਾਣ ਕਰਦੇ ਹਨ, ਉਹ ਸਾਰੇ ਖਿਲਾਰੇ ਕਿਸੇ ਦੇ ਨਾਲ ਨਹੀਂ ਜਾ ਸਕਦੇ। ਕਦੇ ਖ਼ੁਸ਼ੀ ਵਿਚ, ਗ਼ਮੀ ਵਿਚ, (ਇਉਂ ਹੀ) ਸਰੀਰ ਬੁੱਢਾ ਹੋ ਜਾਂਦਾ ਹੈ। ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖ ਦੀ ਉਮਰ ਇਸੇ ਤਰ੍ਹਾਂ ਹੀ ਬੀਤ ਜਾਂਦੀ ਹੈ। ੩।

ਹੇ ਭਾਈ! ਜਗਤ ਵਿਚ ਪਰਮਾਤਮਾ ਦਾ ਨਾਮ ਹੀ ਆਤਮਕ ਜੀਵਨ ਦੇਣ ਵਾਲਾ (ਪਦਾਰਥ) ਹੈ। ਇਹ ਖ਼ਜ਼ਾਨਾ ਗੁਰੂ ਦੇ ਪਾਸ ਹੈ। ਹੇ ਨਾਨਕ! ਜਿਸ ਮਨੁੱਖ ਉੱਤੇ ਗੁਰੂ ਪ੍ਰਸੰਨ ਹੁੰਦਾ ਹੈ, ਪਰਮਾਤਮਾ ਪ੍ਰਸੰਨ ਹੁੰਦਾ ਹੈ, ਉਸੇ ਮਨੁੱਖ ਨੇ ਸੋਹਣੇ ਪ੍ਰਭੂ ਨੂੰ ਹਰੇਕ ਸਰੀਰ ਵਿਚ ਵੇਖਿਆ ਹੈ। ੪। ੯। ੧੯।

ਰਾਮਕਲੀ ਮਹਲਾ ੫ ॥ ਪੰਚ ਸਬਦ ਤਹ ਪੂਰਨ ਨਾਦ ॥ ਅਨਹਦ ਬਾਜੇ ਅਚਰਜ ਬਿਸਮਾਦ ॥ ਕੇਲ ਕਰਹਿ ਸੰਤ ਹਰਿ ਲੋਗ ॥ ਪਾਰਬ੍ਰਹਮ ਪੂਰਨ ਨਿਰਜੋਗ ॥ ੧ ॥ ਸੂਖ ਸਹਜ ਆਨੰਦ ਭਵਨ ॥ ਸਾਧ ਸੰਗਿ ਬੈਸਿ ਗੁਣ ਗਾਵਹਿ ਤਹ ਰੋਗ ਸੋਗ ਨਹੀ ਜਨਮ ਮਰਨ॥੧॥ ਰਹਾਉ ॥ ਊਹਾ ਸਿਮਰਹਿ ਕੇਵਲ ਨਾਮੁ ॥ ਬਿਰਲੇ ਪਾਵਹਿ ਓਹੁ ਬਿਸ੍ਰਾਮੁ ॥ ਭੋਜਨੁ ਭਾਉ ਕੀਰਤਨ ਆਧਾਰੁ ॥ ਨਿਹਚਲ ਆਸਨੁ ਬੇਸੁਮਾਰੁ ॥ ੨ ॥ ਡਿਗਿ ਨ ਡੋਲੈ ਕਤਹੂ ਨ ਧਾਵੈ ॥ ਗੁਰ ਪ੍ਰਸਾਦਿ ਕੋ ਇਹੁ ਮਹਲੁ ਪਾਵੈ ॥ ਭ੍ਰਮ ਭੈ ਮੋਹ ਨ ਮਾਇਆ ਜਾਲ ॥ ਸੁੰਨ ਸਮਾਧਿ ਪ੍ਰਭੂ ਕਿਰਪਾਲ ॥ ੩ ॥ ਤਾ ਕਾ ਅੰਤੁ ਨ

ਪਾਰਾਵਾਰੁ ॥ ਆਪੇ ਗੁਪਤੁ ਆਪੇ ਪਾਸਾਰੁ ॥ ਜਾ ਕੈ ਅੰਤਰਿ ਹਰਿ ਹਰਿ ਸੁਆਦੁ ॥ ਕਹਨੁ ਨ ਜਾਈ ਨਾਨਕ ਬਿਸਮਾਦੁ ॥੪॥੯॥੨੦॥ [੯੯੮]

ਪਦ ਅਰਥ :–ਪੰਚ ਸਬਦ–(ਤੰਤੀ, ਚੰਮ, ਧਾਤ, ਘੜਾ, ਫੂਕ ਮਾਰ ਕੇ ਵਜਾਣ ਵਾਲੇ–ਇਹ) ਪੰਜ ਕਿਸਮਾਂ ਦੇ ਸਾਜ਼। ਤਹ–ਉਸ ਆਤਮਕ ਅਵਸਥਾ ਵਿਚ। ਨਾਦ–ਆਵਾਜ਼। ਪੂਰਨ ਨਾਦ–ਘਨਘੋਰ ਆਵਾਜ਼। ਅਨਹਦ–[ਅਨ-ਹਤ] ਬਿਨਾ ਵਜਾਏ ਵੱਜ ਰਹੇ। ਬਿਸਮਾਦ–ਹੈਰਾਨ ਕਰਨ ਵਾਲੀ ਅਵਸਥਾ ਪੈਦਾ ਕਰਨ ਵਾਲੇ। ਕੇਲ–ਆਤਮਕ ਆਨੰਦ, ਕਲੋਲ। ਕੇਲ ਕਰਹਿ–ਆਤਮਕ ਆਨੰਦ ਮਾਣਦੇ ਹਨ। ਨਿਰਜੋਗ–ਨਿਰਲੇਪ। ੧।

ਸਹਜ–ਆਤਮਕ ਅਡੋਲਤਾ। ਭਵਨ- ਅਸਥਾਨ। ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ। ਬੈਸਿ–ਬੈਠ ਕੇ। ਤਹ–ਉਸ ਅਵਸਥਾ ਵਿਚ। ਸੋਗ–ਗ਼ਮ। ੧। ਰਹਾਉ।

ਊਹਾ–ਉਥੇ, ਉਸ ਆਤਮਕ ਅਵਸਥਾ ਵਿਚ। ਕੇਵਲ–ਸਿਰਫ਼। ਓਹੁ ਬਿਸ੍ਰਾਮ–ਉਹ ਆਤਮਕ ਟਿਕਾਣਾ। ਭਾਉ–ਪ੍ਰੇਮ। ਆਧਾਰੁ–ਆਸਰਾ। ਨਿਹਚਲ–ਨਾਂਹ ਡੋਲਣ ਵਾਲਾ। ਬੇ ਸੁਮਾਰੁ–ਅੰਦਾਜ਼ੇ ਤੋਂ ਪਰੇ। ੨।

ਡਿਗਿ–ਡਿੱਗ ਕੇ। ਕਤਹੁ–ਕਿਸੇ ਭੀ ਪਾਸੇ। ਧਾਵੈ–ਦੌੜਦਾ, ਭਟਕਦਾ। ਗੁਰ–ਪ੍ਰਸਾਦਿ–ਗੁਰੂ ਦੀ ਕਿਰਪਾ ਨਾਲ। ਮਹਲੁ–ਉੱਚਾ ਆਤਮਕ ਟਿਕਾਣਾ। ਭੈ–[ਲਫ਼ਜ਼ 'ਭਉ' ਤੋਂ ਬਹੁ ਵਚਨ]। ਸੁੰਨ–ਸੁੰਞ [ਸ਼ੂਨ੍ਯ]। ਸਮਾਧਿ–ਜੁੜੀ ਹੋਈ ਸੁਰਤਿ। ਸੁੰਨ ਸਮਾਧਿ–ਉਹ ਜੁੜੀ ਹੋਈ ਸੁਰਤਿ ਜਿਸ ਵਿਚ ਮਾਇਕ ਫੁਰਨਿਆਂ ਵਲੋਂ ਸੁੰਞ ਹੈ। ੩।

ਪਾਰਾਵਾਰੁ–ਪਾਰ-ਅਵਾਰੁ, ਪਾਰਲਾ ਉਰਲਾ ਬੰਨਾ। ਆਪੇ–ਆਪ ਹੀ। ਗੁਪਤੁ–ਸਭ ਵਿਚ ਲੁਕਿਆ ਹੋਇਆ। ਪਾਸਾਰੁ–(ਜਗਤ-ਰੂਪ) ਖਿਲਾਰਾ। ਜਾ ਕੈ ਅੰਤਰਿ–ਜਿਸ ਮਨੁੱਖ ਦੇ ਹਿਰਦੇ ਵਿਚ। ਨਾਨਕ–ਹੇ ਨਾਨਕ! ਬਿਸਮਾਦੁ–ਅਸਚਰਜ। ੪।

ਅਰਥ :–ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸੰਗਤਿ ਵਿਚ ਬੈਠ ਕੇ (ਪਰਮਾਤਮਾ ਦੇ) ਗੁਣ ਗਾਂਦੇ ਰਹਿੰਦੇ ਹਨ, ਉਹ ਮਨੁੱਖ ਆਤਮਕ ਅਡੋਲਤਾ, ਆਤਮਕ ਸੁਖ-ਆਨੰਦ ਦੀ ਅਵਸਥਾ ਹਾਸਲ ਕਰ ਲੈਂਦੇ ਹਨ। ਉਸ ਆਤਮਕ ਅਵਸਥਾ ਵਿਚ ਕੋਈ ਰੋਗ ਕੋਈ ਗ਼ਮ ਕੋਈ ਜਨਮ-ਮਰਨ ਦਾ ਗੇੜ ਨਹੀਂ ਵਿਆਪਦਾ। ੧। ਰਹਾਉ।

ਹੇ ਭਾਈ! ਉਸ ਆਤਮਕ ਅਵਸਥਾ ਵਿਚ (ਇਉਂ ਪ੍ਰਤੀਤ ਹੁੰਦਾ ਹੈ ਜਿਵੇਂ) ਪੰਜ ਕਿਸਮਾਂ ਦੇ ਸਾਜਾਂ ਦੀ ਘਨਘੋਰ ਆਵਾਜ਼ ਹੋ ਰਹੀ ਹੈ, (ਜਿਵੇਂ ਮਨੁੱਖ ਦੇ ਅੰਦਰ) ਇੱਕ-ਰਸ ਵਾਜੇ ਵੱਜ ਰਹੇ ਹਨ। ਉਹ ਅਵਸਥਾ ਅਚਰਜ ਤੇ ਹੈਰਾਨੀ ਪੈਦਾ ਕਰਨ ਵਾਲੀ ਹੁੰਦੀ ਹੈ। (ਹੇ ਭਾਈ! ਸਾਧ ਸੰਗਤਿ ਦੀ ਬਰਕਤਿ ਨਾਲ) ਨਿਰਲੇਪ ਤੇ ਸਰਬ-ਵਿਆਪਕ ਪ੍ਰਭੂ ਦੇ ਸੰਤ-ਜਨ (ਉਸ ਅਵਸਥਾ ਵਿਚ ਪਹੁੰਚ ਕੇ) ਆਤਮਕ ਆਨੰਦ ਮਾਣਦੇ ਰਹਿੰਦੇ

ਹਨ ।੧।

ਹੇ ਭਾਈ ! ਉਸ ਆਤਮਕ ਅਵਸਥਾ ਵਿਚ (ਪਹੁੰਚੇ ਹੋਏ ਸੰਤ-ਜਨ) ਸਿਰਫ਼ (ਹਰਿ-) ਨਾਮ ਸਿਮਰਦੇ ਰਹਿੰਦੇ ਹਨ। ਪਰ ਉਹ ਉੱਚੀ ਆਤਮਕ ਅਵਸਥਾ ਵਿਰਲੇ ਮਨੁੱਖਾਂ ਨੂੰ ਹਾਸਲ ਹੁੰਦੀ ਹੈ। ਹੇ ਭਾਈ ! ਉਸ ਅਵਸਥਾ ਵਿਚ ਪ੍ਰਭੂ-ਪ੍ਰੇਮ ਹੀ ਮਨੁੱਖ ਦੀ ਆਤਮਕ ਖ਼ੁਰਾਕ ਹੋ ਜਾਂਦੀ ਹੈ, ਆਤਮਕ ਜੀਵਨ ਵਾਸਤੇ ਮਨੁੱਖ ਨੂੰ ਸਿਫ਼ਤਿ ਸਾਲਾਹ ਦਾ ਹੀ ਸਹਾਰਾ ਹੁੰਦਾ ਹੈ। ਹੇ ਭਾਈ ! ਉਸ ਆਤਮਕ ਅਵਸਥਾ ਦਾ ਆਸਣ (ਮਾਇਆ ਦੇ ਅੱਗੇ) ਕਦੇ ਡੋਲਦਾ ਨਹੀਂ। ਉਹ ਅਵਸਥਾ ਕੈਸੀ ਹੈ–ਇਸਦਾ ਅੰਦਾਜ਼ਾ ਨਹੀਂ ਲਾਇਆ ਜਾ ਸਕਦਾ।੨।

ਹੇ ਭਾਈ ! ਉਸ ਅਵਸਥਾ ਵਿਚ ਪਹੁੰਚਿਆ ਹੋਇਆ ਮਨੁੱਖ (ਮਾਇਆ ਦੇ ਮੋਹ ਵਿਚ) ਡਿੱਗ ਕੇ ਡੋਲਦਾ ਨਹੀਂ ਹੈ, (ਉਸ ਟਿਕਾਣੇ ਨੂੰ ਛੱਡ ਕੇ) ਕਿਸੇ ਹੋਰ ਪਾਸੇ ਨਹੀਂ ਭਟਕਦਾ। ਪਰ ਕੋਈ ਵਿਰਲਾ ਮਨੁੱਖ ਗੁਰੂ ਦੀ ਕਿਰਪਾ ਨਾਲ ਉਹ ਟਿਕਾਣਾ ਹਾਸਲ ਕਰਦਾ ਹੈ। ਉਥੇ ਦੁਨੀਆ ਦੀਆਂ ਭਟਕਣਾਂ, ਦੁਨੀਆ ਦੇ ਡਰ, ਮਾਇਆ ਦਾ ਮੋਹ, ਮਾਇਆ ਦੇ ਜਾਲ–ਇਹ ਕੋਈ ਭੀ ਪੋਹ ਨਹੀਂ ਸਕਦੇ। ਕਿਰਪਾ ਦੇ ਸੋਮੇ ਪ੍ਰਭੂ ਵਿਚ ਮਨੁੱਖ ਦੀ ਐਸੀ ਸੁਰਤਿ ਜੁੜਦੀ ਹੈ ਕਿ ਕੋਈ ਭੀ ਮਾਇਕ ਫੁਰਨਾ ਨੇੜੇ ਨਹੀਂ ਢੁਕਦਾ।੩।

ਹੇ ਭਾਈ ! ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦੇ ਨਾਮ ਦਾ ਸੁਆਦ ਟਿਕ ਜਾਂਦਾ ਹੈ, ਉਸ ਨੂੰ ਇਹ ਜਗਤ-ਖਿਲਾਰਾ ਉਸ ਪ੍ਰਭੂ ਦਾ ਆਪਣਾ ਹੀ ਰੂਪ ਦਿੱਸਦਾ ਹੈ, ਇਸ ਜਗਤ-ਖਿਲਾਰੇ ਵਿਚ ਉਹ ਪ੍ਰਭੂ ਆਪ ਹੀ ਲੁਕਿਆ ਦਿੱਸਦਾ ਹੈ, ਜਿਸ ਦਾ ਅੰਤ ਨਹੀਂ ਪਾਇਆ ਜਾ ਸਕਦਾ, ਜਿਸ ਦੇ ਸਰੂਪ ਦਾ ਪਾਰਲਾ ਉਰਲਾ ਬੰਨਾ ਨਹੀਂ ਦਿੱਸ ਸਕਦਾ। ਹੇ ਨਾਨਕ ! ਹਰਿ-ਨਾਮ ਦਾ ਸੁਆਦ ਬਿਆਨ ਨਹੀਂ ਕੀਤਾ ਜਾ ਸਕਦਾ। ਉਹ ਸੁਆਦ ਅਸਚਰਜ ਹੀ ਹੁੰਦਾ ਹੈ।੪।੯।੨੦।

ਰਾਮਕਲੀ ਮਹਲਾ ੫ ॥ ਭੇਟਤ ਸੰਗਿ ਪਾਰਬ੍ਰਹਮੁ ਚਿਤਿ ਆਇਆ॥ ਸੰਗਤਿ ਕਰਤ ਸੰਤੋਖੁ ਮਨਿ ਪਾਇਆ ॥ ਸੰਤਹ ਚਰਨ ਮਾਥਾ ਮੇਰੋ ਪਉਤ ॥ ਅਨਿਕ ਬਾਰ ਸੰਤਹ ਡੰਡਉਤ ॥ ੧ ॥ ਇਹੁ ਮਨੁ ਸੰਤਨ ਕੈ ਬਲਿਹਾਰੀ ॥ ਜਾ ਕੀ ਓਟ ਗਹੀ ਸੁਖੁ ਪਾਇਆ ਰਾਖੇ ਕਿਰਪਾ ਧਾਰੀ ॥ ੧ ॥ ਰਹਾਉ ॥ ਸੰਤਹ ਚਰਣ ਧੋਇ ਧੋਇ ਪੀਵਾ॥ ਸੰਤਹ ਦਰਸੁ ਪੇਖਿ ਪੇਖਿ ਜੀਵਾ ॥ ਸੰਤਹ ਕੀ ਮੇਰੈ ਮਨਿ ਆਸ ॥ ਸੰਤ ਹਮਾਰੀ ਨਿਰਮਲ ਰਾਸਿ ॥੨॥ ਸੰਤ ਹਮਾਰਾ ਰਾਖਿਆ ਪੜਦਾ ॥ ਸੰਤ ਪ੍ਰਸਾਦਿ ਮੋਹਿ ਕਬਹੂ ਨ ਕੜਦਾ ॥ ਸੰਤਹ ਸੰਗੁ ਦੀਆ ਕਿਰਪਾਲ ॥ ਸੰਤ ਸਹਾਈ ਭਏ ਦਇਆਲ ॥ ੩ ॥ ਸੁਰਤਿ ਮਤਿ

ਬੁਧਿ ਪਰਗਾਸੁ ॥ ਗਹਿਰ ਗੰਭੀਰ ਅਪਾਰ ਗੁਣ ਤਾਸੁ॥ ਜੀਅ ਜੰਤ ਸਗਲੇ ਪ੍ਰਤਿਪਾਲ ॥ ਨਾਨਕ ਸੰਤਹ ਦੇਖਿ ਨਿਹਾਲ ॥੪॥੧੦॥੨੧॥ [੮੯੯]

ਪਦ ਅਰਥ :–ਭੇਟਤ–ਮਿਲਦਿਆਂ । ਸੰਗਿ–ਨਾਲ । ਚਿਤਿ–ਚਿੱਤ ਵਿਚ । ਕਰਤ–ਕਰਦਿਆਂ । ਮਨਿ–ਮਨ ਵਿਚ । ਪਉਤ–ਪਿਆ ਰਹੇ। ਡੰਡਉਤ–ਨਮਸਕਾਰ ।੧।

ਕੈ–ਤੋਂ । ਬਲਿਹਾਰੀ–ਕੁਰਬਾਨ । ਜਾ ਕੀ–ਜਿਨ੍ਹਾਂ ਦੀ । ਗਹੀ–ਫੜਿਆਂ । ਧਾਰੀ –ਧਾਰਿ, ਧਾਰ ਕੇ । ੧ । ਰਹਾਉ ।

ਧੋਇ–ਧੋ ਕੇ । ਪੀਵਾ–ਪੀਵਾਂ, ਮੈਂ ਪੀਆਂ । ਪੇਖਿ–ਵੇਖ ਕੇ । ਜੀਵਾ–ਜੀਵਾਂ, ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ । ਰਾਸਿ–ਪੂੰਜੀ, ਸਰਮਾਇਆ । ੨ ।

ਪੜਦਾ–ਲਾਜ, ਇੱਜ਼ਤ । ਪ੍ਰਸਾਦਿ–ਕਿਰਪਾ ਨਾਲ । ਮੋਹਿ–ਮੈਨੂੰ । ਕੜਦਾ–ਝੋਰਾ, ਚਿੰਤਾ-ਫ਼ਿਕਰ । ਸੰਗੁ–ਸਾਥ । ਸਹਾਈ–ਮਦਦਗਾਰ । ੩ ।

ਪਰਗਾਸੁ–ਚਾਨਣ । ਗਹਿਰ–ਡੂੰਘਾ । ਗੰਭੀਰ–ਜਿਗਰੇ ਵਾਲਾ । ਗੁਣ ਤਾਸੁ–ਗੁਣਾਂ ਦਾ ਖ਼ਜ਼ਾਨਾ । ਨਿਹਾਲ–ਪ੍ਰਸੰਨ, ਖ਼ੁਸ਼ । ੪ ।

ਅਰਥ :–ਹੇ ਭਾਈ ! ਮੇਰਾ ਇਹ ਮਨ ਸੰਤ-ਜਨਾਂ ਤੋਂ ਸਦਕੇ ਜਾਂਦਾ ਹੈ, ਜਿਨ੍ਹਾਂ ਦਾ ਆਸਰਾ ਲੈ ਕੇ ਮੈਂ (ਆਤਮਕ) ਆਨੰਦ ਹਾਸਲ ਕੀਤਾ ਹੈ । ਸੰਤ ਜਨ ਕਿਰਪਾ ਕਰ ਕੇ (ਵਿਕਾਰ ਆਦਿਕਾਂ ਤੋਂ) ਰੱਖਿਆ ਕਰਦੇ ਹਨ । ੧ । ਰਹਾਉ ।

ਹੇ ਭਾਈ ! ਸੰਤ ਜਨਾਂ ਨਾਲ ਮਿਲਦਿਆਂ ਪਰਮਾਤਮਾ (ਮੇਰੇ) ਚਿਤ ਵਿਚ ਆ ਵੱਸਿਆ ਹੈ, ਸੰਤ ਜਨਾਂ ਦੀ ਸੰਗਤਿ ਕਰਦਿਆਂ ਮੈਂ ਮਨ ਵਿਚ ਸੰਤੋਖ ਪ੍ਰਾਪਤ ਕਰ ਲਿਆ ਹੈ । (ਪ੍ਰਭੂ ਮੇਹਰ ਕਰੇ) ਮੇਰਾ ਮੱਥਾ ਸੰਤ ਜਨਾਂ ਦੇ ਚਰਨਾਂ ਤੇ ਪਿਆ ਰਹੇ, ਮੈਂ ਅਨੇਕਾਂ ਵਾਰੀ ਸੰਤ ਜਨਾਂ ਨੂੰ ਨਮਸਕਾਰ ਕਰਦਾ ਹਾਂ । ੧ ।

ਹੇ ਭਾਈ ! (ਜੇ ਪ੍ਰਭੂ ਕਿਰਪਾ ਕਰੇ, ਤਾਂ) ਮੈਂ ਸੰਤ ਜਨਾਂ ਦੇ ਚਰਨ ਧੋ ਧੋ ਕੇ ਪੀਂਦਾ ਰਹਾਂ, ਸੰਤ ਜਨਾਂ ਦਾ ਦਰਸਨ ਕਰ ਕਰ ਕੇ ਮੈਨੂੰ ਆਤਮਕ ਜੀਵਨ ਮਿਲਦਾ ਰਹਿੰਦਾ ਹੈ। ਮੇਰੇ ਮਨ ਵਿਚ ਸੰਤ ਜਨਾਂ ਦੀ ਸਹਾਇਤਾ ਦਾ ਧਰਵਾਸ ਬਣਿਆ ਰਹਿੰਦਾ ਹੈ, ਸੰਤ ਜਨਾਂ ਦੀ ਸੰਗਤਿ ਹੀ ਮੇਰੇ ਵਾਸਤੇ ਪਵਿੱਤ੍ਰ ਸਰਮਾਇਆ ਹੈ । ੨ ।

ਹੇ ਭਾਈ ! ਸੰਤ ਜਨਾਂ ਨੇ (ਵਿਕਾਰ ਆਦਿਕਾਂ ਤੋਂ) ਮੇਰੀ ਇੱਜ਼ਤ ਬਚਾ ਲਈ ਹੈ, ਸੰਤ ਜਨਾਂ ਦੀ ਕਿਰਪਾ ਨਾਲ ਮੈਨੂੰ ਕਦੇ ਭੀ ਕੋਈ ਚਿੰਤਾ-ਫ਼ਿਕਰ ਨਹੀਂ ਵਿਆਪਦਾ । ਕਿਰਪਾ ਦੇ ਸੋਮੇ ਪਰਮਾਤਮਾ ਨੇ ਆਪ ਹੀ ਮੈਨੂੰ ਸੰਤ ਜਨਾਂ ਦਾ ਸਾਥ ਬਖ਼ਸ਼ਿਆ ਹੈ । ਜਦੋਂ ਸੰਤ ਜਨ ਮਦਦਗਾਰ ਬਣਦੇ ਹਨ, ਤਾਂ ਪ੍ਰਭੂ ਦਇਆਵਾਨ ਹੋ ਜਾਂਦਾ ਹੈ । ੩ ।

(ਹੇ ਭਾਈ ! ਸੰਤ ਜਨਾਂ ਦੀ ਸੰਗਤਿ ਦੀ ਬਰਕਤਿ ਨਾਲ ਮੇਰੀ) ਸੁਰਤਿ ਵਿਚ ਮਤਿ ਵਿਚ ਬੁੱਧਿ ਵਿਚ (ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ। ਹੇ ਨਾਨਕ ! ਅਥਾਹ,

ਬੇਅੰਤ, ਗੁਣਾਂ ਦਾ ਖ਼ਜ਼ਾਨਾ, ਅਤੇ ਸਾਰੇ ਜੀਵਾਂ ਦੀ ਪਾਲਣਾ ਕਰਨ ਵਾਲਾ ਪਰਮਾਤਮਾ (ਆਪਣੇ) ਸੰਤ ਜਨਾਂ ਨੂੰ ਵੇਖ ਕੇ ਲੂੰ-ਲੂੰ ਖ਼ੁਸ਼ ਹੋ ਜਾਂਦਾ ਹੈ।੪।੧੦।੨੧।

ਰਾਮਕਲੀ ਮਹਲਾ ੫ ॥ ਤੇਰੈ ਕਾਜਿ ਨ ਗ੍ਰਿਹੁ ਰਾਜੁ ਮਾਲੁ ॥ ਤੇਰੈ ਕਾਜਿ ਨ ਬਿਖੈ ਜੰਜਾਲੁ ॥ ਇਸਟ ਮੀਤ ਜਾਣੁ ਸਭ ਛਲੈ ॥ ਹਰਿ ਹਰਿ ਨਾਮੁ ਸੰਗਿ ਤੇਰੈ ਚਲੈ ॥ ੧ ॥ ਰਾਮ ਨਾਮ ਗੁਣ ਗਾਇ ਲੇ ਮੀਤਾ ਹਰਿ ਸਿਮਰਤ ਤੇਰੀ ਲਾਜ ਰਹੈ ॥ ਹਰਿ ਸਿਮਰਤ ਜਮੁ ਕਛੁ ਨ ਕਹੈ ॥ ੧ ॥ ਰਹਾਉ ॥ ਬਿਨੁ ਹਰਿ ਸਗਲ ਨਿਰਾਰਥ ਕਾਮ॥ ਸੁਇਨਾ ਰੁਪਾ ਮਾਟੀ ਦਾਮ॥ ਗੁਰ ਕਾ ਸਬਦੁ ਜਾਪਿ ਮਨ ਸੁਖਾ ॥ ਈਹਾ ਊਹਾ ਤੇਰੋ ਊਜਲ ਮੁਖਾ ॥੨ ॥ ਕਰਿ ਕਰਿ ਥਾਕੇ ਵਡੇ ਵਡੇਰੇ ॥ ਕਿਨ ਹੀ ਨ ਕੀਏ ਕਾਜ ਮਾਇਆ ਪੂਰੇ॥ ਹਰਿ ਹਰਿ ਨਾਮੁ ਜਪੈ ਜਨੁ ਕੋਇ ॥ ਤਾ ਕੀ ਆਸਾ ਪੂਰਨ ਹੋਇ ॥ ੩ ॥ ਹਰਿ ਭਗਤਨ ਕੋ ਨਾਮੁ ਅਧਾਰੁ ॥ ਸੰਤੀ ਜੀਤਾ ਜਨਮੁ ਅਪਾਰੁ ॥ ਹਰਿ ਸੰਤੁ ਕਰੇ ਸੋਈ ਪਰਵਾਣੁ॥ ਨਾਨਕ ਦਾਸੁ ਤਾ ਕੈ ਕੁਰਬਾਣੁ॥੪॥੧੧॥੨੨॥[੮੯੯]

ਪਦ ਅਰਥ :-ਤੇਰੈ ਕਾਜਿ-ਤੇਰੇ ਕੰਮ ਵਿਚ। ਗ੍ਰਿਹੁ-ਘਰ। ਬਿਖੈ ਜੰਜਾਲੁ-ਮਾਇਕ ਪਦਾਰਥਾਂ ਦਾ ਝੰਬੇਲਾ। ਇਸਟ-ਪਿਆਰੇ। ਜਾਣੁ-ਚੇਤੇ ਰੱਖ, ਸਮਝ ਲੈ। ਛਲੈ-ਛਲ ਹੀ। ਸੰਗਿ ਤੇਰੈ-ਤੇਰੇ ਨਾਲ। ੧।

ਮੀਤਾ-ਹੇ ਮਿੱਤਰ ! ਲਾਜ-ਇੱਜ਼ਤ। ੧। ਰਹਾਉ।

ਸਗਲ-ਸਾਰੇ। ਨਿਰਾਰਥ-ਵਿਅਰਥ। ਰੁਪਾ-ਚਾਂਦੀ। ਦਾਮ-ਰੁਪਏ-ਪੈਸੇ। ਈਹਾ ਊਹਾ-ਇਸ ਲੋਕ ਅਤੇ ਪਰਲੋਕ ਵਿਚ। ਊਜਲ-ਰੌਸ਼ਨ। ੨।

ਕਰਿ-ਕਰ ਕੇ। ਕਿਨ ਹੀ-ਕਿਨਿ ਹੀ, ਕਿਸੇ ਨੇ ਹੀ[ਲਫ਼ਜ਼ 'ਕਿਨਿ' ਦੀ ਿ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ]। ੩।

ਅਧਾਰੁ-ਆਸਰਾ। ਸੰਤੀ-ਸੰਤੀਂ, ਸੰਤਾਂ ਨੇ। ਅਪਾਰੁ-ਅਮੋਲਕ। ਹਰਿ ਸੰਤੁ-ਹਰੀ ਦਾ ਸੰਤ। ਤਾ ਕੈ-ਉਸ ਤੋਂ। ੪।

ਅਰਥ :-ਹੇ ਮਿੱਤਰ ! ਪਰਮਾਤਮਾ ਦੇ ਨਾਮ ਦੇ ਗੁਣ (ਇਸ ਵੇਲੇ)ਗਾ ਲੈ। ਪਰਮਾਤਮਾ ਦਾ ਨਾਮ ਸਿਮਰਿਆਂ ਹੀ (ਲੋਕ ਪਰਲੋਕ ਵਿਚ) ਤੇਰੀ ਇੱਜ਼ਤ ਰਹਿ ਸਕਦੀ ਹੈ। ਪਰਮਾਤਮਾ ਦਾ ਨਾਮ ਸਿਮਰਿਆਂ ਜਮਰਾਜ ਭੀ ਕੁਝ ਨਹੀਂ ਆਖਦਾ। ੧। ਰਹਾਉ।

ਹੇ ਮਿੱਤਰ ! ਇਹ ਘਰ, ਇਹ ਹਕੂਮਤ, ਇਹ ਧਨ (ਇਹਨਾਂ ਵਿਚੋਂ ਕੋਈ ਭੀ) ਤੇਰੇ (ਆਤਮਕ ਜੀਵਨ ਦੇ) ਕੰਮ ਨਹੀਂ ਆ ਸਕਦਾ। ਮਾਇਕ ਪਦਾਰਥਾਂ ਦਾ ਝੰਬੇਲਾ ਭੀ ਤੈਨੂੰ ਆਤਮਕ ਜੀਵਨ ਵਿਚ ਲਾਭ ਨਹੀਂ ਦੇ ਸਕਦਾ। ਚੇਤਾ ਰੱਖ ਕਿ ਇਹ ਸਾਰੇ ਪਿਆਰੇ

ਮਿੱਤਰ (ਤੇਰੇ ਵਾਸਤੇ) ਛਲ-ਰੂਪ ਹੀ ਹਨ। ਸਿਰਫ਼ ਪਰਮਾਤਮਾ ਦਾ ਨਾਮ ਹੀ ਤੇਰੇ ਨਾਲ ਸਾਥ ਕਰ ਸਕਦਾ ਹੈ।੧।

ਹੇ ਮਿੱਤਰ ! ਪਰਮਾਤਮਾ ਦੇ ਨਾਮ ਤੋਂ ਬਿਨਾ ਸਾਰੇ ਹੀ ਕੰਮ ਵਿਅਰਥ (ਹੋ ਜਾਂਦੇ ਹਨ)। (ਜੇ ਪਰਮਾਤਮਾ ਦਾ ਨਾਮ ਨਹੀਂ ਸਿਮਰਦਾ, ਤਾਂ) ਸੋਨਾ, ਚਾਂਦੀ, ਰੁਪਇਆ-ਪੈਸੇ (ਤੇਰੇ ਵਾਸਤੇ) ਮਿੱਟੀ (-ਸਮਾਨ) ਹੈ। ਹੇ ਮਿੱਤਰ ! ਗੁਰੂ ਦਾ ਸ਼ਬਦ ਚੇਤੇ ਕਰਦਾ ਰਿਹਾ ਕਰ, ਤੇਰੇ ਮਨ ਨੂੰ ਆਨੰਦ ਮਿਲੇਗਾ; ਇਸ ਲੋਕ ਵਿਚ ਅਤੇ ਪਰਲੋਕ ਵਿਚ ਤੂੰ ਸੁਰਖ਼ਰੂ ਹੋਵੇਂਗਾ।੨।

ਹੇ ਮਿੱਤਰ ! ਤੈਥੋਂ ਪਹਿਲਾਂ ਹੋ ਚੁਕੇ ਸਭ ਬੰਦੇ ਮਾਇਆ ਦੇ ਧੰਧੇ ਕਰ ਕਰ ਕੇ ਥੱਕਦੇ ਰਹੇ, ਕਿਸੇ ਨੇ ਭੀ ਇਹ ਧੰਧੇ ਸਿਰੇ ਨਾਂਹ ਚਾੜ੍ਹੇ (ਕਿਸੇ ਦੀ ਭੀ ਤ੍ਰਿਸ਼ਨਾ ਨਾਂਹ ਮੁੱਕੀ)। ਜੇਹੜਾ ਕੋਈ ਵਿਰਲਾ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ, ਉਸ ਦੀ ਆਸ ਪੂਰੀ ਹੋ ਜਾਂਦੀ ਹੈ (ਉਸ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ)।੩।

ਹੇ ਮਿੱਤਰ ! ਪਰਮਾਤਮਾ ਦੇ ਭਗਤਾਂ ਵਾਸਤੇ ਪਰਮਾਤਮਾ ਦਾ ਨਾਮ ਹੀ ਜੀਵਨ ਦਾ ਆਸਰਾ ਹੁੰਦਾ ਹੈ, ਤਾਹੀਏਂ ਸੰਤ ਜਨਾਂ ਨੇ ਹੀ ਅਮੋਲਕ ਮਨੁੱਖਾ ਜੀਵਨ ਦੀ ਬਾਜ਼ੀ ਜਿੱਤੀ ਹੈ। ਪਰਮਾਤਮਾ ਦਾ ਸੰਤ ਜੋ ਕੁਝ ਕਰਦਾ ਹੈ, ਉਹ (ਪਰਮਾਤਮਾ ਦੀਆਂ ਨਜ਼ਰਾਂ ਵਿਚ) ਕਬੂਲ ਹੁੰਦਾ ਹੈ। ਹੇ ਨਾਨਕ ! (ਆਖ–ਮੈਂ) ਦਾਸ ਉਸ ਤੋਂ ਸਦਕੇ ਜਾਂਦਾ ਹਾਂ।੪। ੧੧।੨੨।

ਰਾਮਕਲੀ ਮਹਲਾ ੫ ॥ ਸਿੰਚਹਿ ਦਰਬੁ ਦੇਹਿ ਦੁਖੁ ਲੋਗ ॥ ਤੇਰੈ ਕਾਜਿ ਨ, ਅਵਰਾ ਜੋਗ ॥ ਕਰਿ ਅਹੰਕਾਰੁ ਹੋਇ ਵਰਤਹਿ ਅੰਧ ॥ ਜਮ ਕੀ ਜੇਵੜੀ ਤੂ ਆਗੈ ਬੰਧ ॥੧॥ ਛਾਡਿ ਵਿਡਾਣੀ ਤਾਤਿ ਮੂੜੇ ॥ ਈਹਾ ਬਸਨਾ ਰਾਤਿ ਮੂੜੇ ॥ ਮਾਇਆ ਕੇ ਮਾਤੇ ਤੈ ਉਠਿ ਚਲਨਾ ॥ ਰਾਚਿ ਰਹਿਓ ਤੂੰ ਸੰਗਿ ਸੁਪਨਾ ॥੧॥ ਰਹਾਉ ॥ ਬਾਲ ਬਿਵਸਥਾ ਬਾਰਿਕੁ ਅੰਧ ॥ ਭਰਿ ਜੋਬਨਿ ਲਾਗਾ ਦੁਰਗੰਧ ॥ ਤ੍ਰਿਤੀਅ ਬਿਵਸਥਾ ਸਿੰਚੇ ਮਾਇ ॥ ਬਿਰਧਿ ਭਇਆ ਛੋਡਿ ਚਲਿਓ ਪਛੁਤਾਇ ॥੨॥ ਚਿਰੰਕਾਲ ਪਾਈ ਦ੍ਰੁਲਭ ਦੇਹ ॥ ਨਾਮ ਬਿਹੂਣੀ ਹੋਈ ਖੇਹ ॥ ਪਸੂ ਪਰੇਤ ਮੁਗਧ ਤੇ ਬੁਰੀ ॥ ਤਿਸਹਿ ਨ ਬੂਝੈ ਜਿਨਿ ਏਹ ਸਿਰੀ ॥੩॥ ਸੁਣਿ ਕਰਤਾਰ ਗੋਵਿੰਦ ਗੋਪਾਲ ॥ ਦੀਨ ਦਇਆਲ ਸਦਾ ਕਿਰਪਾਲ ॥ ਤੁਮਹਿ ਛਡਾਵਹੁ ਛੁਟਕਹਿ ਬੰਧ ॥ ਬਖਸਿ ਮਿਲਾਵਹੁ ਨਾਨਕ ਜਗ ਅੰਧ ॥੪॥੧੨॥ ੨੩॥ [ਪੰਨਾ ੮੮੯]

ਪਦ ਅਰਥ :–ਸਿੰਚਹਿ–ਤੂੰ ਇਕੱਠਾ ਕਰਦਾ ਹੈਂ, ਤੂੰ ਜੋੜਦਾ ਜਾਂਦਾ ਹੈਂ। ਦਰਬੁ–[ਦ੍ਰਵ੍ਯ] ਧਨ। ਦੇਹਿ–ਤੂੰ ਦੇਂਦਾ ਹੈਂ। ਲੋਗ–ਲੋਕਾਂ ਨੂੰ। ਤੇਰੈ ਕਾਜਿ–ਤੇਰੇ ਕੰਮ ਵਿਚ। ਅਵਰਾ ਜੋਗ–ਹੋਰਨਾਂ ਜੋਗਾ। ਕਰਿ–ਕਰ ਕੇ। ਹੋਇ ਅੰਧ–ਅੰਨ੍ਹਾ ਹੋ ਕੇ। ਵਰਤਹਿ–ਤੂੰ ਵਰਤਦਾ ਹੈਂ, ਤੂੰ ਵਰਤਾਰਾ ਕਰਦਾ ਹੈਂ। ਜੇਵੜੀ–ਰੱਸੀ, ਫਾਹੀ। ਤੂ–ਤੈਨੂੰ। ਆਗੈ–ਪਰਲੋਕ ਵਿਚ। ਬੰਧ–ਬੱਝਾ ਹੋਇਆ। ੧।

ਤਾਤਿ–ਈਰਖਾ, ਸਾੜਾ। ਮੂੜੇ–ਹੇ ਮੂਰਖ! ਈਹਾ–ਇਸ ਲੋਕ ਵਿਚ। ਮਾਤੇ–ਮਸਤੇ ਹੋਏ। ਉਠਿ–ਉੱਠ ਕੇ। ਸੰਗਿ–ਨਾਲ। ਰਾਚਿ ਰਹਿਓ ਤੂੰ–ਤੂੰ ਮਸਤ ਹੋ ਰਿਹਾ ਹੈਂ। ਵਿਡਾਣੀ–ਬਿਗਾਨੀ। ੧। ਰਹਾਉ।

ਬਿਵਸਥਾ–ਉਮਰ (ਵਿਚ)। ਅੰਧ–ਅੰਞਾਣ, ਬੇ-ਸਮਝ। ਭਰਿ ਜੋਬਨਿ–ਭਰੇ ਜੋਬਨ ਵਿਚ, ਭਰੀ ਜਵਾਨੀ ਵਿਚ। ਦੁਰਗੰਧ–ਗੰਦੇ ਕੰਮਾਂ ਵਿਚ, ਵਿਕਾਰਾਂ ਵਿਚ। ਤ੍ਰਿਤੀਆ ਬਿਵਸਥਾ–ਤੀਜੀ ਉਮਰੇ, ਜਵਾਨੀ ਲੰਘ ਜਾਣ ਤੇ। ਸਿੰਚੇ–ਇਕੱਠੀ ਕਰਦਾ ਹੈ। ਮਾਇ–ਮਾਇਆ। ਪਛੁਤਾਇ–ਪਛਤਾ ਕੇ। ੨।

ਚਿਰੰਕਾਲ–ਚਿਰਾਂ ਪਿੱਛੋਂ। ਦੁਲਭ–ਮੁਸ਼ਕਿਲ ਨਾਲ ਮਿਲਣ ਵਾਲੀ। ਦੇਹ–ਸਰੀਰ। ਬਿਹੂਣੀ–ਬਿਨਾ, ਖ਼ਾਲੀ, ਸੱਖਣੀ। ਖੇਹ–ਸੁਆਹ। ਤੇ–ਤੋਂ। ਬੁਰੀ–ਭੈੜੀ। ਮੁਗਧ [ਮੁਗ੍ਧ] ਮੂਰਖ। ਤਿਸਹਿ–ਉਸ (ਪ੍ਰਭੂ) ਨੂੰ। ਜਿਨਿ–ਜਿਸ ਪ੍ਰਭੂ ਨੇ। ਸਿਰੀ–ਪੈਦਾ ਕੀਤੀ। ੩।

ਕਰਤਾਰ–ਹੇ ਕਰਤਾਰ! ਦਇਆਲ–ਹੇ ਦਇਆ ਦੇ ਘਰ! ਤੁਮਹਿ–ਤੂੰ (ਆਪ) ਹੀ। ਛੁਟਕਹਿ–ਛੁੱਟਦੇ ਹਨ, ਟੁੱਟਦੇ ਹਨ। ਬੰਧ–ਬੰਧਨ। ਬਖਸਿ–ਮਿਹਰ ਕਰ ਕੇ।੪।

ਅਰਥ :–(ਹੇ ਮੂਰਖ!) ਤੂੰ ਧਨ ਇਕੱਠਾ ਕਰੀ ਜਾਂਦਾ ਹੈਂ, (ਅਤੇ ਧਨ ਜੋੜਨ ਦੇ ਉੱਦਮ ਵਿਚ) ਲੋਕਾਂ ਨੂੰ ਦੁੱਖ ਦੇਂਦਾ ਹੈਂ। (ਮੌਤ ਆਉਣ ਤੇ ਇਹ ਧਨ) ਤੇਰੇ ਕੰਮ ਨਹੀਂ ਆਵੇਗਾ, ਹੋਰਨਾਂ (ਦੇ ਵਰਤਣ) ਜੋਗਾ ਰਹਿ ਜਾਇਗਾ। (ਹੇ ਮੂਰਖ! ਇਸ ਧਨ ਦਾ) ਮਾਣ ਕਰ ਕੇ (ਇਸ ਧਨ ਦੇ ਨਸ਼ੇ ਵਿਚ) ਅੰਨ੍ਹਾ ਹੋ ਕੇ ਤੂੰ (ਲੋਕਾਂ ਨਾਲ) ਵਰਤਾਰਾ ਕਰਦਾ ਹੈਂ। (ਜਦੋਂ) ਮੌਤ ਦੀ ਫਾਹੀ (ਤੇਰੇ ਗਲ ਵਿਚ ਪਈ, ਉਸ ਫਾਹੀ ਵਿਚ) ਬੱਝੇ ਹੋਏ ਨੂੰ ਤੈਨੂੰ ਪਰਲੋਕ ਵਿਚ (ਲੈ ਜਾਣਗੇ, ਤੇ ਧਨ ਇਥੇ ਹੀ ਰਹਿ ਜਾਇਗਾ)।੧।

ਹੇ ਮੂਰਖ! ਦੂਜਿਆਂ ਨਾਲ ਈਰਖਾ ਕਰਨੀ ਛੱਡ ਦੇ। ਹੇ ਮੂਰਖ! ਇਸ ਦੁਨੀਆ ਵਿਚ (ਪੰਛੀਆਂ ਵਾਂਗ) ਰਾਤ-ਮਾਤ੍ਰ ਹੀ ਵੱਸਣਾ ਹੈ। ਮਾਇਆ ਵਿਚ ਮਸਤ ਹੋਏ ਹੇ ਮੂਰਖ! (ਇਥੋਂ ਆਖ਼ਰ) ਉੱਠ ਕੇ ਤੂੰ ਚਲੈ ਜਾਣਾ ਹੈ, (ਪਰ) ਤੂੰ (ਇਸ ਜਗਤ-) ਸੁਪਨੇ ਨਾਲ ਰੁੱਝਾ ਪਿਆ ਹੈਂ। ੧। ਰਹਾਉ।

ਬਾਲ ਉਮਰੇ ਜੀਵ ਬੇ-ਸਮਝ ਬਾਲਕ ਬਣਿਆ ਰਹਿੰਦਾ ਹੈ, ਭਰ-ਜਵਾਨੀ ਵੇਲੇ

ਵਿਕਾਰਾਂ ਵਿਚ ਲੱਗਾ ਰਹਿੰਦਾ ਹੈ, (ਜਵਾਨੀ ਲੰਘ ਜਾਣ ਤੇ) ਤੀਜੀ ਉਮਰੇ ਮਾਇਆ ਜੋੜਨ ਲੱਗ ਪੈਂਦਾ ਹੈ, (ਆਖ਼ਰ ਜਦੋਂ) ਬੁੱਢਾ ਹੋ ਜਾਂਦਾ ਹੈ ਤਾਂ ਅਫ਼ਸੋਸ ਕਰਦਾ (ਜੋੜੀ ਹੋਈ ਮਾਇਆ) ਛੱਡ ਕੇ (ਇਥੋਂ) ਤੁਰ ਪੈਂਦਾ ਹੈ । ੨ ।

(ਹੇ ਭਾਈ !) ਬੜੇ ਚਿਰਾਂ ਪਿੱਛੋਂ ਜੀਵ ਨੂੰ ਇਹ ਦੁਰਲੱਭ ਮਨੁੱਖਾ ਸਰੀਰ ਮਿਲਦਾ ਹੈ, ਪਰ ਨਾਮ ਤੋਂ ਵਾਂਜੇ ਰਹਿ ਕੇ ਇਹ ਸਰੀਰ ਮਿੱਟੀ ਹੋ ਜਾਂਦਾ ਹੈ । (ਨਾਮ ਤੋਂ ਬਿਨਾ, ਵਿਕਾਰਾਂ ਦੇ ਕਾਰਨ) ਮੂਰਖ ਜੀਵ ਦੀ ਇਹ ਦੇਹੀ ਪਸ਼ੂਆਂ ਤੇ ਪਰੇਤਾਂ ਨਾਲੋਂ ਭੀ ਭੈੜੀ (ਸਮਝੋ) । ਜਿਸ ਪਰਮਾਤਮਾ ਨੇ (ਇਸ ਦੀ) ਇਹ ਮਨੁੱਖਾ ਦੇਹੀ ਬਣਾਈ ਉਸ ਨੂੰ ਕਦੇ ਚੇਤੇ ਨਹੀਂ ਕਰਦਾ । ੩ ।

ਹੇ ਨਾਨਕ ! (ਆਖ–ਜੀਵ ਵਿਚਾਰੇ ਕੀਹ ਕਰਨ ?) ਹੇ ਕਰਤਾਰ ! ਹੇ ਗੋਬਿੰਦ ! ਹੇ ਗੋਪਾਲ ! ਹੇ ਦੀਨਾਂ ਉਤੇ ਦਇਆ ਕਰਨ ਵਾਲੇ ! ਹੇ ਸਦਾ ਹੀ ਕਿਰਪਾ ਦੇ ਸੋਮੇ ! ਤੂੰ ਆਪ ਹੀ ਜੀਵਾਂ ਦੇ ਮਾਇਆ ਦੇ ਬੰਧਨ ਤੋੜੇਂ ਤਾਂ ਹੀ ਟੁੱਟ ਸਕਦੇ ਹਨ । ਹੇ ਕਰਤਾਰ ! (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਇਸ ਜਗਤ ਨੂੰ ਤੂੰ ਆਪ ਹੀ ਮਿਹਰ ਕਰ ਕੇ (ਆਪਣੇ ਚਰਨਾਂ ਵਿਚ) ਜੋੜੀ ਰੱਖ ।੪।੧੨।੨੩।

ਰਾਮਕਲੀ ਮਹਲਾ ੫ ॥ ਕਰਿ ਸੰਜੋਗੁ ਬਨਾਈ ਕਾਛਿ ॥ ਤਿਸੁ ਸੰਗਿ ਰਹਿਓ ਇਆਨਾ ਰਾਚਿ ॥ ਪ੍ਰਤਿਪਾਰੈ ਨਿਤ ਸਾਰਿ ਸਮਾਰੈ ॥ ਅੰਤ ਕੀ ਬਾਰ ਊਠਿ ਸਿਧਾਰੈ ॥ ੧ ॥ ਨਾਮ ਬਿਨਾ ਸਭੁ ਝੂਠੁ ਪਰਾਨੀ ॥ ਗੋਵਿਦ ਭਜਨ ਬਿਨੁ ਅਵਰ ਸੰਗਿ ਰਾਤੇ ਤੇ ਸਭਿ ਮਾਇਆ ਮੂਠੁ ਪਰਾਨੀ ॥ ੧ ॥ਰਹਾਉ॥ ਤੀਰਥ ਨਾਇ ਨ ਉਤਰਸਿ ਮੈਲੁ ॥ ਕਰਮ ਧਰਮ ਸਭਿ ਹਉਮੈ ਫੈਲੁ ॥ ਲੋਕ ਪਚਾਰੈ ਗਤਿ ਨਹੀ ਹੋਇ ॥ ਨਾਮ ਬਿਹੂਣੇ ਚਲਸਹਿ ਰੋਇ ॥ ੨ ॥ ਬਿਨੁ ਹਰਿ ਨਾਮ ਨ ਟੂਟਸਿ ਪਟਲ ॥ ਸੋਧੇ ਸਾਸਤ੍ਰ ਸਿਮ੍ਰਿਤਿ ਸਗਲ ॥ ਸੋ ਨਾਮੁ ਜਪੈ ਜਿਸੁ ਆਪਿ ਜਪਾਏ ॥ ਸਗਲ ਫਲਾ ਸੇ ਸੂਖਿ ਸਮਾਏ ॥ ੩ ॥ ਰਾਖਨਹਾਰੇ ਰਾਖਹੁ ਆਪਿ ॥ ਸਗਲ ਸੁਖਾ ਪ੍ਰਭ ਤੁਮਰੈ ਹਾਥਿ ॥ ਜਿਤੁ ਲਾਵਹਿ ਤਿਤੁ ਲਾਗਹ ਸੁਆਮੀ ॥ ਨਾਨਕ ਸਾਹਿਬੁ ਅੰਤਰਜਾਮੀ ॥ ੪ ॥ ੧੩ ॥ ੨੪ ॥ [ਪੰਨਾ ੯੯੦]

ਪਦ ਅਰਥ :–ਕਰਿ–ਕਰ ਕੇ, ਬਣਾ ਕੇ । ਸੰਜੋਗੁ–ਮਿਲਾਪ, (ਜਿੰਦ ਤੇ ਸਰੀਰ ਦੇ) ਮਿਲਾਪ (ਦਾ ਸਮਾ) । ਕਾਛਿ–ਕੱਛ ਕੇ, ਮਾਪ ਕੇ (ਜਿਵੇਂ ਕੋਈ ਦਰਜ਼ੀ ਕੱਪੜਾ ਮਾਪ ਕਤਰ ਕੇ ਕਮੀਜ਼ ਆਦਿ ਬਣਾਂਦਾ ਹੈ) । ਸੰਗਿ–ਨਾਲ । ਇਆਨਾ–ਬੇ-ਸਮਝ ਜੀਵ । ਰਾਚਿ ਰਹਿਓ–ਪਰਚਿਆ ਰਹਿੰਦਾ ਹੈ । ਪ੍ਰਤਿਪਾਰੈ–ਪਾਲਦਾ ਹੈ । ਸਾਰਿ–ਸਾਰ ਲੈ ਕੇ ।

ਸਮਾਰੈ—ਸੰਭਾਲ ਕਰਦਾ ਹੈ। ਊਠਿ—ਉੱਠ ਕੇ। ੧।

ਸਭੁ—ਸਾਰਾ (ਅਡੰਬਰ)। ਝੂਠੁ—ਨਾਸਵੰਤ। ਪਰਾਨੀ—ਹੇ ਪ੍ਰਾਣੀ ! ਅਵਰ ਸੰਗਿ—ਹੋਰ ਹੋਰ ਨਾਲ। ਰਾਤੇ—ਮਸਤ। ਤੇ ਸਭਿ—ਉਹ ਸਾਰੇ ਜੀਵ। ਮੂਠੁ—ਠੱਗਿਆ ਹੋਇਆ। ਪਰਾਨੀ—ਹੇ ਪ੍ਰਾਣੀ ! ੧। ਰਹਾਉ।

ਤੀਰਥ ਨਾਇ—ਤੀਰਥਾਂ ਉਤੇ ਇਸ਼ਨਾਨ ਕਰ ਕੇ। ਨਾਇ—ਨ੍ਹਾਇ। ਉਤਰਸਿ—ਉਤਰੇਗੀ। ਕਰਮ ਧਰਮ—ਮਿਥੇ ਹੋਏ ਧਾਰਮਿਕ ਕੰਮ। ਸਭਿ—ਸਾਰੇ। ਫੈਲੁ—ਪਸਾਰਾ, ਖਿਲਾਰਾ। ਪਚਾਰੈ—ਪਰਚਾਵਾ ਕੀਤਿਆਂ। ਗਤਿ—ਉੱਚੀ ਆਤਮਕ ਅਵਸਥਾ। ਰੋਇ—ਰੋ ਕੇ, ਦੁੱਖੀ ਹੋ ਕੇ। ੨।

ਪਟਲ—ਪੜਦਾ, ਮਾਇਆ ਦਾ ਪੜਦਾ। ਸੋਧੇ—ਸੋਧਿਆਂ, ਵਿਚਾਰਿਆਂ। ਸਗਲ—ਸਾਰੇ। ਸੋ—ਉਹ ਬੰਦਾ। ਜਪਾਏ—ਜਪਣ ਦੀ ਪ੍ਰੇਰਨਾ ਕਰਦਾ ਹੈ। ਸੇ—ਉਹ ਬੰਦੇ। ਸੂਖਿ—ਸੁਖ ਵਿਚ। ੩।

ਰਾਖਨਹਾਰੇ—ਹੇ ਰੱਖਿਆ ਕਰਨ ਦੇ ਸਮਰਥ ਪ੍ਰਭੂ ! ਪ੍ਰਭ—ਹੇ ਪ੍ਰਭੂ ! ਹਾਥਿ—ਹੱਥ ਵਿਚ। ਜਿਤੁ—ਜਿਸ (ਕੰਮ) ਵਿਚ। ਲਾਵਹਿ—ਤੂੰ ਲਾਂਦਾ ਹੈਂ, ਤੂੰ ਜੋੜਦਾ ਹੈਂ। ਤਿਤੁ—ਉਸ (ਕੰਮ) ਵਿਚ। ਲਾਗਹ—ਅਸੀ ਜੀਵ ਲੱਗ ਪੈਂਦੇ ਹਾਂ। ਸੁਆਮੀ—ਹੇ ਮਾਲਕ ! ਨਾਨਕ—ਹੇ ਨਾਨਕ ! ਅੰਤਰਜਾਮੀ—ਦਿਲ ਦੀ ਜਾਨਣ ਵਾਲਾ। ੪।

ਅਰਥ :—(ਜਿਵੇਂ ਕੋਈ ਦਰਜ਼ੀ ਕੱਪੜਾ ਮਾਪ ਕਤਰ ਕੇ ਮਨੁੱਖ ਦੇ ਸਰੀਰ ਵਾਸਤੇ ਕਮੀਜ਼ ਆਦਿਕ ਬਣਾਂਦਾ ਹੈ, ਤਿਵੇਂ ਪਰਮਾਤਮਾ ਨੇ ਜਿੰਦ ਤੇ ਸਰੀਰ ਦੇ) ਮਿਲਾਪ (ਦਾ ਅਵਸਰ) ਬਣਾ ਕੇ (ਜਿੰਦ ਵਾਸਤੇ ਇਹ ਸਰੀਰ-ਚੋਲੀ) ਕੱਛ ਕੇ ਬਣਾ ਦਿੱਤੀ। ਉਸ ਸਰੀਰ-ਚੋਲੀ) ਨਾਲ ਬੇ-ਸਮਝ ਜੀਵ ਪਰਚਿਆ ਰਹਿੰਦਾ ਹੈ। ਸਦਾ ਇਸ ਸਰੀਰ ਨੂੰ ਪਾਲਦਾ ਪੋਸਦਾ ਰਹਿੰਦਾ ਹੈ, ਤੇ ਸਦਾ ਇਸ ਦੀ ਸਾਂਭ-ਸੰਭਾਲ ਕਰਦਾ ਰਹਿੰਦਾ ਹੈ। ਅੰਤ ਦੇ ਵੇਲੇ ਜੀਵ (ਇਸ ਨੂੰ ਛੱਡ ਕੇ) ਉੱਠ ਤੁਰਦਾ ਹੈ। ੧।

ਹੇ ਜੀਵ ! ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਸਾਰਾ ਅਡੰਬਰ ਨਾਸਵੰਤ ਹੈ। ਹੇ ਪ੍ਰਾਣੀ ! ਜੇਹੜੇ ਬੰਦੇ ਪਰਮਾਤਮਾ ਦੇ ਭਜਨ ਤੋਂ ਬਿਨਾ ਹੋਰ ਪਦਾਰਥਾਂ ਨਾਲ ਮਸਤ ਰਹਿੰਦੇ ਹਨ, ਉਹ ਸਾਰੇ ਮਾਇਆ (ਦੇ ਮੋਹ) ਵਿਚ ਠੱਗੇ ਜਾਂਦੇ ਹਨ। ੧। ਰਹਾਉ।

(ਹੇ ਭਾਈ ! ਮਾਇਆ ਦੇ ਮੋਹ ਦੀ ਇਹ) ਮੈਲ ਤੀਰਥਾਂ ਉਤੇ ਇਸ਼ਨਾਨ ਕਰ ਕੇ ਨਹੀਂ ਉਤਰੇਗੀ। (ਤੀਰਥ-ਇਸ਼ਨਾਨ ਆਦਿਕ ਇਹ) ਸਾਰੇ (ਮਿਥੇ ਹੋਏ) ਧਾਰਮਿਕ ਕੰਮ ਹਉਮੈ ਦਾ ਖਿਲਾਰਾ ਹੀ ਹੈ। (ਤੀਰਥ-ਇਸ਼ਨਾਨ ਆਦਿਕ ਕਰਮਾਂ ਦੀ ਰਾਹੀਂ ਆਪਣੇ ਧਾਰਮਿਕ ਹੋਣ ਬਾਰੇ) ਲੋਕਾਂ ਦੀ ਤਸੱਲੀ ਕਰਾਇਆਂ ਉੱਚੀ ਆਤਮਕ ਅਵਸਥਾ ਪ੍ਰਾਪਤ ਨਹੀਂ ਹੋ ਸਕਦੀ। ਪਰਮਾਤਮਾ ਦੇ ਨਾਮ ਤੋਂ ਸੱਖਣੇ ਸਭ ਜੀਵ (ਇਥੋਂ) ਰੋ ਰੋ ਕੇ

ਹੀ ਜਾਣਗੇ । ੨ ।

(ਹੇ ਭਾਈ !) ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੇ ਮੋਹ ਦਾ) ਪੜਦਾ ਨਹੀਂ ਫੁੱਟੇਗਾ। ਸਾਰੇ ਹੀ ਸ਼ਾਸਤ੍ਰ ਅਤੇ ਸਿਮ੍ਰਿਤੀਆਂ ਵਿਚਾਰਿਆਂ ਭੀ (ਇਹ ਪੜਦਾ ਦੂਰ ਨਹੀਂ ਹੋਵੇਗਾ)। (ਜਿਹੜੇ ਬੰਦੇ ਨਾਮ ਜਪਦੇ ਹਨ) ਉਹਨਾਂ ਨੂੰ (ਮਨੁੱਖਾ ਜੀਵਨ ਦੇ) ਸਾਰੇ ਫਲ ਪ੍ਰਾਪਤ ਹੁੰਦੇ ਹਨ, ਉਹ ਬੰਦੇ (ਸਦਾ) ਆਨੰਦ ਵਿਚ ਟਿਕੇ ਰਹਿੰਦੇ ਹਨ । ਪਰ ਉਹੀ ਬੰਦਾ ਨਾਮ ਜਪਦਾ ਹੈ ਜਿਸ ਨੂੰ ਪ੍ਰਭੂ ਆਪ ਨਾਮ ਜਪਣ ਲਈ ਪ੍ਰੇਰਦਾ ਹੈ ।੩।

ਹੇ ਸਭ ਦੀ ਰੱਖਿਆ ਕਰਨ ਦੇ ਸਮਰੱਥ ਪ੍ਰਭੂ ! ਤੂੰ ਆਪ ਹੀ (ਮਾਇਆ ਦੇ ਮੋਹ ਤੋਂ ਅਸਾਂ ਜੀਵਾਂ ਦੀ) ਰੱਖਿਆ ਕਰ ਸਕਦਾ ਹੈਂ । ਹੇ ਪ੍ਰਭੂ ! ਸਾਰੇ ਸੁਖ ਤੇਰੇ ਆਪਣੇ ਹੱਥ ਵਿਚ ਹਨ । ਹੇ ਮਾਲਕ-ਪ੍ਰਭੂ ! ਤੂੰ ਜਿਸ ਕੰਮ ਵਿਚ (ਸਾਨੂੰ) ਲਾਂਦਾ ਹੈਂ, ਅਸੀ ਉਸੇ ਕੰਮ ਵਿਚ ਲੱਗ ਪੈਂਦੇ ਹਾਂ । ਹੇ ਨਾਨਕ ! (ਆਖ–) ਮਾਲਕ-ਪ੍ਰਭੂ ਸਭ ਦੇ ਦਿਲਾਂ ਦੀ ਜਾਣਨ ਵਾਲਾ ਹੈ । ੪ । ੧੩ । ੨੪ ।

ਰਾਮਕਲੀ ਮਹਲਾ ੫ ।। ਜੋ ਕਿਛੁ ਕਰੈ ਸੋਈ ਸੁਖੁ ਜਾਨਾ ।। ਮਨੁ ਅਸਮਝੁ ਸਾਧ ਸੰਗਿ ਪਤੀਆਨਾ ॥ ਡੋਲਨ ਤੇ ਚੂਕਾ ਠਹਰਾਇਆ ॥ ਸਤਿ ਮਾਹਿ ਲੇ ਸਤਿ ਸਮਾਇਆ ॥ ੧ ॥ ਦੂਖੁ ਗਇਆ ਸਭੁ ਰੋਗੁ ਗਇਆ ।। ਪ੍ਰਭ ਕੀ ਆਗਿਆ ਮਨ ਮਹਿ ਮਾਨੀ ਮਹਾ ਪੁਰਖ ਕਾ ਸੰਗੁ ਭਇਆ ॥ ੧ ।। ਰਹਾਉ ।। ਸਗਲ ਪਵਿਤ੍ਰ ਸਰਬ ਨਿਰਮਲਾ ॥ ਜੋ ਵਰਤਾਏ ਸੋਈ ਭਲਾ ।। ਜਹ ਰਾਖੈ ਸੋਈ ਮੁਕਤਿ ਥਾਨੁ ॥ ਜੋ ਜਪਾਏ ਸੋਈ ਨਾਮੁ ॥ ੨ ॥ ਅਠਸਠਿ ਤੀਰਥ ਜਹ ਸਾਧ ਪਗ ਧਰਹਿ ।। ਤਹ ਬੈਕੁੰਠੁ ਜਹ ਨਾਮੁ ਉਚਰਹਿ ॥ ਸਰਬ ਅਨੰਦ ਜਬ ਦਰਸਨੁ ਪਾਈਐ ॥ ਰਾਮ ਗੁਣਾ ਨਿਤ ਨਿਤ ਹਰਿ ਗਾਈਐ ।।੩ ।। ਆਪੇ ਘਟਿ ਘਟਿ ਰਹਿਆ ਬਿਆਪਿ ।। ਦਇਆਲ ਪੁਰਖ ਪਰਗਟ ਪਰਤਾਪ ।। ਕਪਟ ਖੁਲਾਨੇ ਭ੍ਰਮ ਨਾਠੇ ਦੂਰੇ ।। ਨਾਨਕ ਕਉ ਗੁਰ ਭੇਟੇ ਪੂਰੇ ॥੪॥੧੪॥੨੫॥ [ਪੰਨਾ ੮੯੦]

ਪਦ ਅਰਥ :–ਸੋਈ–ਉਸੇ ਨੂੰ ਹੀ । ਜਾਨਾ–ਜਾਣ ਲਿਆ ਹੈ । ਅਸਮਝੁ ਮਨੁ– ਅੰਞਾਣ ਮਨ । ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ । ਪਤੀਆਨਾ–ਪਤੀਜ ਜਾਂਦਾ ਹੈ, ਰਿੱਝ ਜਾਂਦਾ ਹੈ । ਤੇ–ਤੋਂ । ਚੂਕਾ–ਹਟ ਗਿਆ । ਠਹਰਾਇਆ–ਟਿਕਾ ਲਿਆ । ਸਤਿ–ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਲੇ–ਲੈ ਕੇ । ਸਮਾਇਆ–ਲੀਨ ਹੋ ਗਿਆ। ੧ ।

ਸਭੁ ਰੋਗੁ—ਸਾਰਾ ਰੋਗ। ਆਗਿਆ—ਹੁਕਮ, ਰਜ਼ਾ। ਮਾਨੀ—ਮੰਨ ਲਈ। ਮਹਾ ਪੁਰਖ ਕਾ ਸੰਗੁ—ਗੁਰੂ ਦਾ ਮਿਲਾਪ। ੧। ਰਹਾਉ।

ਵਰਤਾਏ—ਵਰਤਾਂਦਾ ਹੈ, ਕਰਾਂਦਾ ਹੈ। ਜਹ—ਜਿੱਥੇ। ਮੁਕਤਿ—ਵਿਕਾਰਾਂ ਤੋਂ ਖਲਾਸੀ। ਮੁਕਤਿ ਥਾਨੁ—ਵਿਕਾਰਾਂ ਤੋਂ ਬਚਾਣ ਵਾਲਾ ਥਾਂ। ੨।

ਅਠਸਠਿ—[ਅੱਠ ਅਤੇ ਸੱਠ] ਅਠਾਹਠ। ਪਗ—ਚਰਨ, ਪੈਰ। ਧਰਹਿ—ਧਰਦੇ ਹਨ। ਸਾਧ—ਭਲੇ ਮਨੁੱਖ। ਤਹ—ਉਥੇ। ਬੈਕੁੰਠੁ—ਸੱਚ ਖੰਡ। ਉਚਰਹਿ—ਉਚਾਰਦੇ ਹਨ। ਸਰਬ—ਸਾਰੇ। ਪਾਈਐ—ਪਾਈਦਾ ਹੈ। ਗਾਈਐ—ਗਾਈਦਾ ਹੈ। ੩।

ਆਪੇ—ਆਪ ਹੀ। ਘਟਿ—ਹਿਰਦੇ ਵਿਚ। ਘਟਿ ਘਟਿ—ਹਰੇਕ ਘਟ ਵਿਚ। ਰਹਿਆ ਬਿਆਪਿ—ਵੱਸ ਰਿਹਾ ਹੈ, ਭਰਪੂਰ ਹੈ। ਪਰਤਾਪ—ਤੇਜ। ਕਪਟ—ਕਿਵਾੜ, ਦਰਵਾਜ਼ੇ। ਭ੍ਰਮ—ਭਟਕਣ। ਨਾਠੇ—ਨੱਸ ਗਏ। ਕਉ—ਨੂੰ। ਗੁਰ ਪੂਰੇ—ਪੂਰੇ ਗੁਰੂ ਜੀ। ਭੇਟੇ—ਮਿਲ ਪਏ। ੪।

ਅਰਥ :—(ਹੇ ਭਾਈ !) ਜਿਸ ਮਨੁੱਖ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ, ਪ੍ਰਭੂ ਦੀ ਰਜ਼ਾ ਉਸ ਨੂੰ ਮਨ ਵਿਚ ਮਿੱਠੀ ਲੱਗਣ ਲੱਗ ਪੈਂਦੀ ਹੈ, ਉਸ ਦਾ ਸਾਰਾ ਦੁੱਖ ਸਾਰਾ ਰੋਗ ਦੂਰ ਹੋ ਜਾਂਦਾ ਹੈ। ੧। ਰਹਾਉ।

(ਹੇ ਭਾਈ ! ਜਿਸ ਮਨੁੱਖ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ ਉਹ) ਸਦਾ-ਥਿਰ ਪ੍ਰਭੂ (ਦਾ ਨਾਮ) ਲੈ ਕੇ ਉਸ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ (ਗੁਰੂ ਦੀ ਕਿਰਪਾ ਨਾਲ ਪ੍ਰਭੂ-ਚਰਨਾਂ ਵਿਚ) ਟਿਕਾਇਆ ਹੋਇਆ ਉਸ ਦਾ ਮਨ ਡੋਲਣ ਤੋਂ ਹਟ ਜਾਂਦਾ ਹੈ, ਉਸ ਦਾ (ਪਹਿਲਾ) ਅੰਞਾਣ ਮਨ ਗੁਰੂ ਦੀ ਸੰਗਤਿ ਵਿਚ ਗਿੱਝ ਜਾਂਦਾ ਹੈ; ਜੋ ਕੁਝ ਪਰਮਾਤਮਾ ਕਰਦਾ ਹੈ ਉਸੇ ਨੂੰ ਉਹ ਸੁਖ ਸਮਝਦਾ ਹੈ। ੧।

(ਹੇ ਭਾਈ ! ਜਿਸ ਮਨੁੱਖ ਨੂੰ ਗੁਰੂ ਦਾ ਮਿਲਾਪ ਹੋ ਜਾਂਦਾ ਹੈ, ਗੁਰੂ) ਉਸ ਤੋਂ ਪਰਮਾਤਮਾ ਦਾ ਨਾਮ ਹੀ ਸਦਾ ਜਪਾਂਦਾ ਹੈ; (ਗੁਰੂ) ਜਿੱਥੇ ਉਸ ਨੂੰ ਰੱਖਦਾ ਹੈ ਉਹੀ ਉਸ ਦੇ ਵਾਸਤੇ ਵਿਕਾਰਾਂ ਤੋਂ ਖਲਾਸੀ ਦਾ ਥਾਂ ਹੁੰਦਾ ਹੈ; ਉਸ ਮਨੁੱਖ ਦੇ ਸਾਰੇ ਉੱਦਮ ਪਵਿੱਤਰ ਹੁੰਦੇ ਹਨ ਉਸ ਦੇ ਸਾਰੇ ਕੰਮ ਨਿਰਮਲ ਹੁੰਦੇ ਹਨ, ਜੋ ਕੁਝ ਪਰਮਾਤਮਾ ਕਰਦਾ ਹੈ, ਉਸ ਮਨੁੱਖ ਨੂੰ ਉਹੀ ਉਹੀ ਕੰਮ ਭਲਾ ਜਾਪਦਾ ਹੈ। ੨।

(ਹੇ ਭਾਈ !) ਜਿੱਥੇ ਗੁਰਮੁਖ ਮਨੁੱਖ (ਆਪਣੇ) ਪੈਰ ਧਰਦੇ ਹਨ ਉਹ ਥਾਂ ਅਠਾਹਠ ਤੀਰਥ ਸਮਝੋ, (ਕਿਉਂਕਿ) ਜਿੱਥੇ ਸੰਤ ਜਨ ਪਰਮਾਤਮਾ ਦਾ ਨਾਮ ਉਚਾਰਦੇ ਹਨ ਉਹ ਥਾਂ ਸੱਚਖੰਡ ਬਣ ਜਾਂਦਾ ਹੈ। ਹੇ ਭਾਈ ! ਜਦੋਂ ਗੁਰਮੁਖਾਂ ਦਾ ਦਰਸ਼ਨ ਕਰੀਦਾ ਹੈ ਤਦੋਂ ਸਾਰੇ ਆਤਮਕ ਅਨੰਦ ਪ੍ਰਾਪਤ ਹੋ ਜਾਂਦੇ ਹਨ, (ਗੁਰਮੁਖਾਂ ਦੀ ਸੰਗਤਿ ਵਿਚ) ਸਦਾ ਪਰਮਾਤਮਾ ਦੇ ਗੁਣ ਗਾ ਸਕੀਦੇ ਹਨ, ਸਦਾ ਪ੍ਰਭੂ ਦੀ ਸਿਫ਼ਤਿ ਸਾਲਾਹ ਗਾਈ ਜਾ

ਸਕਦੀ ਹੈ । ੩ ।

(ਹੇ ਭਾਈ !) ਨਾਨਕ ਨੂੰ ਪੂਰੇ ਗੁਰੂ ਜੀ ਮਿਲ ਪਏ ਹਨ, (ਹੁਣ ਨਾਨਕ ਨੂੰ ਦਿੱਸ ਰਿਹਾਹੈ ਕਿ) ਪਰਮਾਤਮਾ ਆਪ ਹੀ ਹਰੇਕ ਸਰੀਰ ਵਿਚ ਮੌਜੂਦ ਹੈ, ਦਇਆ ਦੇ ਸੋਮੇ ਅਕਾਲਪੁਰਖ ਦਾ ਤੇਜ-ਪਰਤਾਪ ਪ੍ਰਤੱਖ (ਹਰ ਥਾਂ ਦਿੱਸ ਰਿਹਾ ਹੈ); (ਗੁਰੂ ਦੀ ਕਿਰਪਾ ਨਾਲ ਮਨ ਦੇ) ਕਿਵਾੜ ਖੁਲ੍ਹ ਗਏ ਹਨ, ਤੇ, ਸਾਰੇ ਭਰਮ ਕਿਤੇ ਦੂਰ ਭੱਜ ਗਏ ਹਨ । ੪ । ੧੪ । ੨੫ ।

ਰਾਮਕਲੀ ਮਹਲਾ ੫ ।। ਕੋਟਿ ਜਾਪ ਤਾਪ ਬਿਸ੍ਰਾਮ ।। ਰਿਧਿ ਬੁਧਿ ਸਿਧਿ ਸੁਰ ਗਿਆਨ ॥ ਅਨਿਕ ਰੂਪ ਰੰਗ ਭੋਗ ਰਸੈ ।। ਗੁਰਮੁਖਿ ਨਾਮੁ ਨਿਮਖ ਰਿਦੈ ਵਸੈ ।। ੧ ।। ਹਰਿ ਕੇ ਨਾਮ ਕੀ ਵਡਿਆਈ ।। ਕੀਮਤਿ ਕਹਣੁ ਨ ਜਾਈ ॥ ੧ ॥ ਰਹਾਉ ॥ ਸੂਰ ਬੀਰ ਧੀਰਜ ਮਤਿ ਪੂਰਾ ।। ਸਹਜ ਸਮਾਧਿ ਧੁਨਿ ਗਹਿਰ ਗੰਭੀਰਾ ।। ਸਦਾ ਮੁਕਤੁ ਤਾ ਕੇ ਪੂਰੇ ਕਾਮ।। ਜਾ ਕੈ ਰਿਦੈ ਵਸੈ ਹਰਿ ਨਾਮ ।। ੨ ।। ਸਗਲ ਸੂਖ ਆਨੰਦ ਅਰੋਗ ।। ਸਮਦਰਸੀ ਪੂਰਨ ਨਿਰਜੋਗ ।। ਆਇ ਨ ਜਾਇ ਡੋਲੈ ਕਤ ਨਾਹੀ ॥ ਜਾ ਕੈ ਨਾਮੁ ਬਸੈ ਮਨ ਮਾਹੀ ।।੩।। ਦੀਨ ਦਇਆਲ ਗੋਪਾਲ ਗੋਵਿੰਦ ।। ਗੁਰਮੁਖਿ ਜਪੀਐ ਉਤਰੈ ਚਿੰਦ ।। ਨਾਨਕ ਕਉ ਗੁਰਿ ਦੀਆ ਨਾਮੁ ॥ ਸੰਤਨ ਕੀ ਟਹਲ ਸੰਤ ਕਾ ਕਾਮੁ ॥੪।।੧੫।।੨੬।। [ਪੰਨਾ ੯੯੦]

ਪਦ ਅਰਥ :–ਕੋਟਿ–ਕ੍ਰੋੜਾਂ । ਜਾਪ–ਦੇਵਤਿਆਂ ਨੂੰ ਪ੍ਰਸੰਨ ਕਰਨ ਲਈ ਖ਼ਾਸ ਮੰਤ੍ਰ ਪੜ੍ਹਨੇ । ਤਾਪ–ਧੂਣੀਆਂ ਆਦਿਕ ਨਾਲ ਸਰੀਰ ਨੂੰ ਕਸ਼ਟ ਦੇਣੇ । ਰਿਧਿ ਸਿਧਿ–ਕਰਾਮਾਤੀ ਤਾਕਤਾਂ । ਸੁਰ ਗਿਆਨ–ਦੇਵਤਿਆਂ ਵਾਲੀ ਸੂਝ-ਬੂਝ । ਰਸੈ–ਰਸ ਮਾਣਦਾ ਹੈ । ਗੁਰਮੁਖਿ–ਗੁਰੂ ਦੀ ਸਰਨ ਪੈ ਕੇ । ਨਿਮਖ–[ਨਿਮੇਸ਼] ਅੱਖ ਫਰਕਣ ਜਿਤਨਾ ਸਮਾ । ਰਿਦੈ–ਹਿਰਦੇ ਵਿਚ । ੧ ।

ਵਡਿਆਈ–ਮਹੱਤਤਾ । ੧ । ਰਹਾਉ ।

ਸੂਰ ਬੀਰ–ਸੂਰਮਾ, ਬਹਾਦਰ । ਸਹਜ–ਆਤਮਕ ਅਡੋਲਤਾ । ਧੁਨਿ–ਲਗਨ । ਗਹਿਰ–ਗਹਿਰੀ, ਡੂੰਘੀ । ਮੁਕਤੁ–ਵਿਕਾਰਾਂ ਤੋਂ ਆਜ਼ਾਦ । ਤਾ ਕੇ–ਉਸ (ਮਨੁੱਖ) ਦੇ । ਕਾਮ–ਕੰਮ । ਜਾ ਕੈ ਰਿਦੈ–ਜਿਸ ਦੇ ਹਿਰਦੇ ਵਿਚ । ੨ ।

ਸਗਲ–ਸਾਰੇ । ਅਰੋਗ–ਰੋਗਾਂ ਤੋਂ ਰਹਿਤ । ਸਮਦਰਸੀ–ਸਭਨਾਂ ਨੂੰ ਇਕੋ ਜਿਹੀ ਨਿਗਾਹ ਨਾਲ ਵੇਖਣ ਵਾਲਾ । ਸਮ–ਬਰਾਬਰ । ਦਰਸੀ–ਵੇਖਣ ਵਾਲਾ । ਨਿਰਜੋਗ–ਨਿਰਲੇਪ । ਕਤ–ਕਿਤੇ ਭੀ । ੩ ।

ਗੁੋਪਾਲ—[ਅੱਖਰ 'ਗ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ । ਅਸਲ ਲਫ਼ਜ਼ 'ਗੋਪਾਲ' ਹੈ, ਇਥੇ 'ਗੁਪਾਲ' ਪੜ੍ਹਨਾ ਹੈ] । ਜਪੀਐ—ਜਪਣਾ ਚਾਹੀਦਾ ਹੈ । ਚਿੰਦ—ਚਿੰਤਾ, ਫ਼ਿਕਰ । ਗੁਰਿ—ਗੁਰੂ ਨੇ । ੪ ।

ਅਰਥ :-(ਹੇ ਭਾਈ !) ਪਰਮਾਤਮਾ ਦੇ ਨਾਮ ਦੀ ਮਹੱਤਤਾ ਦੱਸੀ ਨਹੀਂ ਜਾ ਸਕਦੀ, ਹਰਿ-ਨਾਮ ਦਾ ਮੁੱਲ ਪਾਇਆ ਨਹੀਂ ਜਾ ਸਕਦਾ । ੧ । ਰਹਾਉ ।

(ਹੇ ਭਾਈ !) ਗੁਰੂ ਦੀ ਰਾਹੀਂ (ਜਿਸ ਮਨੁੱਖ ਦੇ) ਹਿਰਦੇ ਵਿਚ ਅੱਖ ਦੇ ਫੋਰ ਜਿਤਨੇ ਸਮੇ ਵਾਸਤੇ ਭੀ ਹਰਿ-ਨਾਮ ਵੱਸਦਾ ਹੈ, ਉਹ (ਮਾਨੋ) ਅਨੇਕਾਂ ਰੂਪਾਂ ਰੰਗਾਂ ਅਤੇ ਮਾਇਕ ਪਦਾਰਥਾਂ ਦਾ ਰਸ ਮਾਣਦਾ ਹੈ । ਉਸ ਮਨੁੱਖ ਦੀ ਦੇਵਤਿਆਂ ਵਾਲੀ ਸੂਝ-ਬੂਝ ਹੋ ਜਾਂਦੀ ਹੈ, ਉਸ ਦੀ ਬੁੱਧੀ (ਉੱਚੀ ਹੋ ਜਾਂਦੀ ਹੈ) ਉਹ ਰਿੱਧੀਆਂ ਸਿੱਧੀਆਂ(ਦਾ ਮਾਲਕ ਹੋ ਜਾਂਦਾ ਹੈ); ਕ੍ਰੋੜਾਂ ਜਪਾਂ ਤਪਾਂ (ਦਾ ਫਲ ਉਸ ਦੇ ਅੰਦਰ) ਆ ਵੱਸਦਾ ਹੈ । ੧ ।

(ਹੇ ਭਾਈ !)ਜਿਸ ਮਨੁੱਖ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ (ਵਿਕਾਰਾਂ ਦੇ ਟਾਕਰੇ ਤੇ) ਸੂਰਮਾ ਹੈ ਬਹਾਦਰ ਹੈ, ਪੂਰੀ ਅਕਲ ਅਤੇ ਧੀਰਜ ਦਾ ਮਾਲਕ ਹੋ ਜਾਂਦਾ ਹੈ, ਉਹ ਸਦਾ ਆਤਮਕ ਅਡੋਲਤਾ ਵਿਚ ਟਿਕਿਆ ਰਹਿੰਦਾ ਹੈ, ਪ੍ਰਭੂ ਵਿਚ ਉਸ ਦੀ ਡੂੰਘੀ ਲਗਨ ਬਣੀ ਰਹਿੰਦੀ ਹੈ,ਉਹ ਸਦਾ ਵਿਕਾਰਾਂ ਤੋਂ ਆਜ਼ਾਦ ਰਹਿੰਦਾ ਹੈ, ਉਸ ਦੇ ਸਾਰੇ ਕੰਮ ਸਫਲ ਹੋ ਜਾਂਦੇ ਹਨ । ੨ ।

(ਹੇ ਭਾਈ !) ਜਿਸ ਮਨੁੱਖ ਦੇ ਮਨ ਵਿਚ ਹਰਿ-ਨਾਮ ਆ ਵੱਸਦਾ ਹੈ, ਉਹ ਕਿਤੇ ਭਟਕਦਾ ਨਹੀਂ, ਕਿਤੇ ਡੋਲਦਾ ਨਹੀਂ, (ਮਾਇਆ ਦੇ ਪ੍ਰਭਾਵ ਤੋਂ ਉਹ) ਪੂਰੇ ਤੌਰ ਤੇ ਨਿਰਲੇਪ ਰਹਿੰਦਾ ਹੈ, ਸਭਨਾਂ ਵਿਚ ਇਕ ਪਰਮਾਤਮਾ ਦੀ ਜੋਤਿ ਵੇਖਦਾ ਹੈ, ਉਸ ਨੂੰ ਸਾਰੇ ਸੁਖ ਆਨੰਦ ਪ੍ਰਾਪਤ ਰਹਿੰਦੇ ਹਨ, ਉਹ (ਮਾਨਸਕ) ਰੋਗਾਂ ਤੋਂ ਬਚਿਆ ਰਹਿੰਦਾ ਹੈ । ੩ ।

(ਹੇ ਭਾਈ !) ਗੁਰੂ ਦੀ ਸਰਨ ਪੈ ਕੇ ਦੀਨਾਂ ਉਤੇ ਦਇਆ ਕਰਨ ਵਾਲੇ ਗੋਪਾਲ ਗੋਵਿੰਦ ਦਾ ਨਾਮ ਜਪਣਾ ਚਾਹੀਦਾ ਹੈ, (ਜਿਹੜਾ ਮਨੁੱਖ ਜਪਦਾ ਹੈ, ਉਸ ਦਾ) ਚਿੰਤਾ-ਫ਼ਿਕਰ ਦੂਰ ਹੋ ਜਾਂਦਾ ਹੈ । (ਹੇ ਭਾਈ ! ਮੈਨੂੰ) ਨਾਨਕ ਨੂੰ ਗੁਰੂ ਨੇ ਪ੍ਰਭੂ ਦਾ ਨਾਮ ਬਖ਼ਸ਼ਿਆ ਹੈ, ਸੰਤ ਜਨਾਂ ਦੀ ਟਹਿਲ (ਦੀ ਦਾਤਿ) ਦਿੱਤੀ ਹੈ । (ਹਰਿ-ਨਾਮ ਦਾ ਸਿਮਰਨ ਹੀ) ਗੁਰੂ ਦਾ (ਦੱਸਿਆ) ਕੰਮ ਹੈ । ੪ । ੧੫ । ੨੬ ।

ਰਾਮਕਲੀ ਮਹਲਾ ੫ ॥ ਬੀਜ ਮੰਤ੍ਰੁ ਹਰਿ ਕੀਰਤਨੁ ਗਾਉ ॥ ਆਗੈ ਮਿਲੀ ਨਿਥਾਵੇ ਥਾਉ ॥ ਗੁਰ ਪੂਰੇ ਕੀ ਚਰਣੀ ਲਾਗੁ ॥ ਜਨਮ ਜਨਮ ਕਾ ਸੋਇਆ ਜਾਗੁ ॥ ੧ ॥ ਹਰਿ ਹਰਿ ਜਾਪੁ ਜਪਲਾ ॥ ਗੁਰ ਕਿਰਪਾ ਤੇ

ਹਿਰਦੈ ਵਾਸੇ ਭਉਜਲੁ ਪਾਰਿ ਪਰਲਾ ॥ ੧ ॥ ਰਹਾਉ ॥ ਨਾਮੁ ਨਿਧਾਨੁ ਧਿਆਇ ਮਨ ਅਟਲ ॥ ਤਾ ਛੂਟਹਿ ਮਾਇਆ ਕੇ ਪਟਲ ॥ ਗੁਰ ਕਾ ਸਬਦੁ ਅੰਮ੍ਰਿਤ ਰਸੁ ਪੀਉ ॥ ਤਾ ਤੇਰਾ ਹੋਇ ਨਿਰਮਲ ਜੀਉ ॥ ੨ ॥ ਸੋਧਤ ਸੋਧਤ ਸੋਧਿ ਬੀਚਾਰਾ ॥ ਬਿਨੁ ਹਰਿ ਭਗਤਿ ਨਹੀ ਛੁਟਕਾਰਾ ॥ ਸੋ ਹਰਿ ਭਜਨੁ ਸਾਧ ਕੈ ਸੰਗਿ ॥ ਮਨੁ ਤਨੁ ਰਾਪੈ ਹਰਿ ਕੈ ਰੰਗਿ ॥੩॥ ਛੋਡਿ ਸਿਆਣਪ ਬਹੁ ਚਤੁਰਾਈ ॥ ਮਨ ਬਿਨੁ ਹਰਿ ਨਾਵੈ ਜਾਇ ਨ ਕਾਈ ॥ ਦਇਆ ਧਾਰੀ ਗੋਵਿਦ ਗੋੁਸਾਈ ॥ ਹਰਿ ਹਰਿ ਨਾਨਕ ਟੇਕ ਟਿਕਾਈ ॥੪॥੧੬॥ ੨੭ ॥ [ਪੰਨਾ ੮੯੧]

ਪਦ ਅਰਥ :—ਬੀਜ ਮੰਤ੍ਰ—ਮੂਲ ਮੰਤ੍ਰ, ਸਭ ਤੋਂ ਸ੍ਰੇਸ਼ਟ ਮੰਤ੍ਰ । ਆਗੈ—ਪਰਲੋਕ ਵਿਚ । ਸੋਇਆ—ਸੁੱਤਾ ਹੋਇਆ । ੧ ।

ਜਪਲਾ—ਜਪਿਆ । ਤੇ—ਤੋਂ, ਦੀ ਰਾਹੀਂ । ਹਿਰਦੈ—ਹਿਰਦੇ ਵਿਚ । ਪਰਲਾ—ਪਿਆ। ਪਾਰਿ ਤਰਲਾ—ਪਾਰ ਲੰਘ ਗਿਆ । ਰਹਾਉ ।

ਨਿਧਾਨੁ—ਖ਼ਜ਼ਾਨਾ । ਮਨ—ਹੇ ਮਨ ! ਅਟਲ—ਕਦੇ ਨਾਂਹ ਟਲਣ ਵਾਲਾ । ਛੂਟਹਿ—ਮੁੱਕ ਜਾਂਦੇ ਹਨ । ਪਟਲ—ਪੜਦੇ । ਅੰਮ੍ਰਿਤ—ਆਤਮਕ ਜੀਵਨ ਦੇਣ ਵਾਲਾ । ਨਿਰਮਲ—ਪਵਿੱਤ੍ਰ । ਜੀਉ—ਜਿੰਦ । ੨ ।

ਸੋਧਤ—ਵਿਚਾਰਦਿਆਂ । ਸੋਧਿ—ਵਿਚਾਰ ਕੇ । ਛੁਟਕਾਰਾ—ਮਾਇਆ ਤੋਂ ਖਲਾਸੀ । ਸਾਧ ਕੈ ਸੰਗਿ—ਗੁਰੂ ਦੀ ਸੰਗਤਿ ਵਿਚ । ਰਾਪੈ—ਰੰਗਿਆ ਜਾਂਦਾ ਹੈ । ਰੰਗਿ—ਪ੍ਰੇਮ-ਰੰਗ ਵਿਚ । ੩ ।

ਮਨ—ਹੇ ਮਨ ! ਜਾਇ ਨ—ਦੂਰ ਨਹੀਂ ਹੁੰਦੀ । ਕਾਈ—ਜਾਲਾ । ਗੋੁਸਾਈ—[ਅਸਲ ਲਫ਼ਜ਼ 'ਗੋਸਾਈ' ਹੈ, ਇਥੇ 'ਗੁਸਾਈ' ਪੜ੍ਹਨਾ ਹੈ] । ਟੇਕ—ਆਸਰਾ । ੪ ।

ਅਰਥ :—(ਹੇ ਭਾਈ ! ਜਿਸ ਮਨੁੱਖ ਨੇ) ਪਰਮਾਤਮਾ (ਦੇ ਨਾਮ) ਦਾ ਜਾਪ ਜਪਿਆ, (ਜਿਸ ਮਨੁੱਖ ਦੇ) ਹਿਰਦੇ ਵਿਚ ਗੁਰੂ ਦੀ ਕਿਰਪਾ ਨਾਲ (ਪਰਮਾਤਮਾ ਦਾ ਨਾਮ) ਆ ਵੱਸਦਾ ਹੈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਿਆ । ੧ । ਰਹਾਉ ।

(ਹੇ ਭਾਈ !) ਪਰਮਾਤਮਾ ਦੀ ਸਿਫ਼ਤਿ (ਦਾ ਗੀਤ) ਗਾਇਆ ਕਰੋ (ਪਰਮਾਤਮਾ ਨੂੰ ਵੱਸ ਕਰਨ ਦਾ) ਇਹ ਸਭ ਤੋਂ ਸ੍ਰੇਸ਼ਟ ਮੰਤ੍ਰ ਹੈ । (ਕੀਰਤਨ ਦੀ ਬਰਕਤਿ ਨਾਲ) ਪਰਲੋਕ ਵਿਚ ਨਿਆਸਰੇ ਜੀਵ ਨੂੰ ਭੀ ਆਸਰਾ ਮਿਲ ਜਾਂਦਾ ਹੈ । (ਹੇ ਭਾਈ !) ਪੂਰੇ ਗੁਰੂ ਦੇ ਚਰਨਾਂ ਤੇ ਪਿਆ ਰਹੁ, ਇਸ ਤਰ੍ਹਾਂ ਕਈ ਜਨਮਾਂ ਤੋਂ (ਮਾਇਆ ਦੇ ਮੋਹ ਦੀ) ਨੀਂਦ ਵਿਚ ਸੁੱਤਾ ਹੋਇਆ ਤੂੰ ਜਾਗ ਪਏਂਗਾ । ੧ ।

ਹੇ ਮਨ ! ਪਰਮਾਤਮਾ ਦਾ ਨਾਮ ਕਦੇ ਨਾਂਹ ਮੁੱਕਣ ਵਾਲਾ ਖ਼ਜ਼ਾਨਾ ਹੈ, ਇਸ ਨੂੰ

ਸਿਮਰਦਾ ਰਹੁ, ਤਦੋਂ ਹੀ ਤੇਰੇ ਮਾਇਆ (ਦੇ ਮੋਹ) ਦੇ ਪੜਦੇ ਪਾਟਣਗੇ। ਹੇ ਮਨ! ਗੁਰੂ ਦਾ ਸ਼ਬਦ ਆਤਮਕ ਜੀਵਨ ਦੇਣ ਵਾਲਾ ਰਸ ਹੈ, ਇਸ ਨੂੰ ਪੀਂਦਾ ਰਹੁ, ਤਦੋਂ ਹੀ ਤੇਰੀ ਜਿੰਦ ਪਵਿੱਤ੍ਰ ਹੋਵੇਗੀ। ੨।

ਹੇ ਮਨ! ਅਸਾਂ ਬਹੁਤ ਵਿਚਾਰ ਵਿਚਾਰ ਕੇ ਇਹ ਸਿੱਟਾ ਕੱਢਿਆ ਹੈ ਕਿ ਪਰਮਾਤਮਾ ਦੀ ਭਗਤੀ ਤੋਂ ਬਿਨਾ (ਮਾਇਆ ਦੇ ਮੋਹ ਤੋਂ) ਖਲਾਸੀ ਨਹੀਂ ਹੋ ਸਕਦੀ। ਪ੍ਰਭੂ ਦੀ ਉਹ ਭਗਤੀ ਗੁਰੂ ਦੀ ਸੰਗਤਿ ਵਿਚ (ਪ੍ਰਾਪਤ ਹੁੰਦੀ ਹੈ। 'ਜਿਸ ਨੂੰ ਪ੍ਰਾਪਤ ਹੁੰਦੀ ਹੈ, ਉਸ ਦਾ) ਮਨ ਅਤੇ ਤਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ।੩।

ਹੇ ਮਨ! (ਆਪਣੀ) ਸਿਆਣਪ ਅਤੇ ਬਹੁਤੀ ਚਤੁਰਾਈ ਛੱਡ ਦੇ। (ਜਿਵੇਂ ਜਾਲੇ ਦੇ ਕਾਰਨ ਭੁੰਇ ਵਿਚ ਪਾਣੀ ਜੀਊਰਦਾ ਨਹੀਂ, ਇਸੇ ਤਰ੍ਹਾਂ ਹਉਮੈ ਦੇ ਕਾਰਨ ਗੁਰੂ ਦੇ ਉਪਦੇਸ ਦਾ ਅਸਰ ਨਹੀਂ ਹੁੰਦਾ), ਪਰਮਾਤਮਾ ਦੇ ਨਾਮ ਤੋਂ ਬਿਨਾ ਇਹ ਜਾਲਾ ਦੂਰ ਨਹੀਂ ਹੁੰਦਾ। ਹੇ ਨਾਨਕ! (ਆਖ–) ਜਿਸ ਮਨੁੱਖ ਉਤੇ ਧਰਤੀ ਦਾ ਖਸਮ ਪ੍ਰਭੂ ਦਇਆ ਕਰਦਾ ਹੈ, ਉਹ ਮਨੁੱਖ ਪਰਮਾਤਮਾ ਦੇ ਨਾਮ ਦਾ ਆਸਰਾ ਲੈਂਦਾ ਹੈ।੪। ੧੬।੧੭।

ਰਾਮਕਲੀ ਮਹਲਾ ੫ ॥ ਸੰਤ ਕੈ ਸੰਗਿ ਰਾਮ ਰੰਗ ਕੇਲ ॥ ਆਗੈ ਜਮ ਸਿਉ ਹੋਇ ਨ ਮੇਲ ॥ ਅਹੰਬੁਧਿ ਕਾ ਭਇਆ ਬਿਨਾਸ ॥ ਦੁਰਮਤਿ ਹੋਈ ਸਗਲੀ ਨਾਸ ॥ ੧ ॥ ਰਾਮਨਾਮ ਗੁਣ ਗਾਇ ਪੰਡਿਤ ॥ ਕਰਮ ਕਾਂਡ ਅਹੰਕਾਰੁ ਨ ਕਾਜੈ, ਕੁਸਲ ਸੇਤੀ ਘਰਿ ਜਾਹਿ ਪੰਡਿਤ ॥੧॥ ਰਹਾਉ ॥ ਹਰਿ ਕਾ ਜਸੁ ਨਿਧਿ ਲੀਆ ਲਾਭ ॥ ਪੂਰਨ ਭਏ ਮਨੋਰਥ ਸਾਭ ॥ ਦੁਖੁ ਨਾਠਾ ਸੁਖੁ ਘਰ ਮਹਿ ਆਇਆ ॥ ਸੰਤ ਪ੍ਰਸਾਦਿ ਕਮਲੁ ਬਿਗਸਾਇਆ ॥ ੨ ॥ ਨਾਮ ਰਤਨੁ ਜਿਨਿ ਪਾਇਆ ਦਾਨੁ ॥ ਤਿਸੁ ਜਨ ਹੋਏ ਸਗਲ ਨਿਧਾਨ ॥ ਸੰਤੋਖੁ ਆਇਆ ਮਨਿ ਪੂਰਾ ਪਾਇ ॥ ਫਿਰਿ ਫਿਰਿ ਮਾਗਨ ਕਾਹੇ ਜਾਇ ॥ ੩ ॥ ਹਰਿ ਕੀ ਕਥਾ ਸੁਨਤ ਪਵਿਤ ॥ ਜਿਹਵਾ ਬਕਤ ਪਾਈ ਗਤਿ ਮਤਿ ॥ ਸੋ ਪਰਵਾਣੁ ਜਿਸੁ ਰਿਦੈ ਵਸਾਈ ॥ ਨਾਨਕ ਤੇ ਜਨ ਊਤਮ ਭਾਈ ॥ ੪ ॥ ੧੭ ॥ ੨੮ ॥ [ਪੰਨਾ ੮੯੧]

ਪਦ ਅਰਥ :–ਸੰਤ ਕੈ ਸੰਗਿ–ਗੁਰੂ ਦੀ ਸੰਗਤਿ ਵਿਚ। ਰੰਗ–ਪਿਆਰ। ਕੇਲ–ਖੇਡ। ਆਗੈ–ਪਰਲੋਕ ਵਿਚ। ਸਿਉ–ਨਾਲ। ਅਹੰਬੁਧਿ–ਹਉਮੈ ਵਾਲੀ ਅਕਲ। ਦੁਰਮਤਿ–ਭੈੜੀ ਅਕਲ। ਸਗਲੀ–ਸਾਰੀ। ੧।

ਪੰਡਿਤ–ਹੇ ਪੰਡਿਤ! ਕਰਮ ਕਾਂਡ–ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ ਧਾਰ–

ਮਿਕ ਕੰਮਾਂ ਦਾ ਸਿਲਸਿਲਾ। ਨ ਕਾਜੈ–ਕੰਮ ਵਿਚ ਨਹੀਂ ਆਉਂਦਾ। ਕੁਸਲ–ਸੁਖ ਆਨੰਦ।ਸੇਤੀ–ਨਾਲ। ਘਰਿ–ਘਰ ਵਿਚ, ਪ੍ਰਭੂ-ਚਰਨਾਂ ਵਿਚ। ੧। ਰਹਾਉ।

ਜਸੁ–ਸਿਫ਼ਤਿ ਸਾਲਾਹ। ਨਿਧਿ–ਖ਼ਜ਼ਾਨਾ। ਸਾਭ–ਸਭ, ਸਾਰੇ। ਨਾਠਾ–ਨੱਠ ਗਿਆ। ਘਰ ਮਹਿ–ਹਿਰਦੇ-ਘਰ ਵਿਚ। ਸੰਤ ਪ੍ਰਸਾਦਿ–ਗੁਰੂ-ਸੰਤ ਦੀ ਕਿਰਪਾ ਨਾਲ। ਕਮਲ–ਹਿਰਦੇ ਦਾ ਕੌਲ-ਫੁੱਲ। ਬਿਗਸਾਇਆ–ਖਿੜ ਪਿਆ। ੨।

ਜਿਨਿ–ਜਿਸ (ਮਨੁੱਖ) ਨੇ। ਹੋਏ–ਪ੍ਰਾਪਤ ਹੋ ਗਏ। ਨਿਧਾਨ–ਖ਼ਜ਼ਾਨੇ। ਮਨਿ–ਮਨ ਵਿਚ। ਪੂਰਾ–ਸਾਰੇ ਗੁਣਾਂ ਨਾਲ ਪੂਰਨ ਪ੍ਰਭੂ। ਪਾਇ–ਪਾ ਕੇ, ਲੱਭ ਕੇ। ਮਗਨ–(ਜਜਮਾਨ ਤੋਂ) ਮੰਗਣ ਲਈ। ਕਾਹੇ–ਕਿਉਂ ? ੩।

ਸੁਨਤ–ਸੁਣਦਿਆਂ। ਪਵਿਤ–ਪਵਿੱਤਰ। ਜਿਹਵਾ–ਜੀਭ (ਨਾਲ)। ਬਕਤ–ਉਚਾਰਦਿਆਂ। ਗਤਿ–ਉੱਚੀ ਆਤਮਕ ਅਵਸਥਾ। ਮਤਿ–ਚੰਗੀ ਅਕਲ। ਜਿਸੁ ਰਿਦੈ–ਜਿਸ ਦੇ ਹਿਰਦੇ ਵਿਚ। ਤੇ ਜਨ–ਉਹ ਬੰਦੇ। ਭਾਈ–ਹੇ ਭਾਈ ! ੪।

ਅਰਥ :–ਹੇ ਪੰਡਿਤ ! ਤੀਰਥ-ਇਸ਼ਨਾਨ ਆਦਿਕ ਮਿਥੇ ਹੋਏ ਧਾਰਮਿਕ ਕੰਮਾਂ ਦੇ ਸਿਲਸਿਲੇ ਦਾ ਅਹੰਕਾਰ ਤੇਰੇ ਕਿਸੇ ਕੰਮ ਨਹੀਂ ਆਵੇਗਾ। ਹੇ ਪੰਡਿਤ ! ਪਰਮਾਤਮਾ ਦਾ ਨਾਮ (ਜਪਿਆ ਕਰ, ਪਰਮਾਤਮਾ ਦੇ) ਗੁਣ ਗਾਇਆ ਕਰ, (ਇਸ ਤਰ੍ਹਾਂ) ਤੂੰ ਅਨੰਦ ਨਾਲ (ਜੀਵਨ ਬਿਤੀਤ ਕਰਦਾ ਪ੍ਰਭੂ-ਚਰਨਾਂ ਵਾਲੇ ਅਸਲ) ਘਰ ਵਿਚ ਜਾ ਪਹੁ-ਚੇਂਗਾ। ੧। ਰਹਾਉ।

ਹੇ ਪੰਡਿਤ ! ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦੇ ਪ੍ਰੇਮ ਦੀ ਖੇਡ ਖੇਡਿਆ ਕਰ, ਅਗਾਂਹ ਪਰਲੋਕ ਵਿਚ ਤੈਨੂੰ ਜਮਾਂ ਨਾਲ ਵਾਹ ਨਹੀਂ ਪਏਗਾ। (ਜਿਹੜਾ ਮਨੁੱਖ ਇਹ ਉੱਦਮ ਕਰਦਾ ਹੈ ਉਸ ਦੀ) ਹਉਮੈ ਵਾਲੀ ਅਕਲ ਦਾ ਨਾਸ ਹੋ ਜਾਂਦਾ ਹੈ, ਉਸ ਦੇ ਅੰਦਰੋਂ ਖੋਟੀ ਮਤਿ ਸਾਰੀ ਮੁੱਕ ਜਾਂਦੀ ਹੈ। ੧।

ਹੇ ਪੰਡਿਤ ! ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫ਼ਤ ਸਾਲਾਹ (ਦਾ) ਖ਼ਜ਼ਾਨਾ ਲੱਭ ਲਿਆ,ਉਸ ਦੇ ਸਾਰੇ ਮਨੋਰਥ ਪੂਰੇ ਹੋ ਗਏ,ਉਸ ਦਾ (ਸਾਰਾ) ਦੁੱਖ ਦੂਰ ਹੋ ਗਿਆ ਉਸ ਦੇ ਹਿਰਦੇ-ਘਰ ਵਿਚ ਸੁਖ ਆ ਵੱਸਿਆ, ਸੰਤ-ਗੁਰੂ ਦੀ ਕਿਰਪਾ ਨਾਲ ਉਸ ਦਾ ਹਿਰਦੇ ਦਾ ਕੌਲ-ਫੁੱਲ ਖਿੜ ਪਿਆ। ੨।

(ਹੇ ਪੰਡਿਤ ! ਤੂੰ ਜਜਮਾਨਾਂ ਪਾਸੋਂ ਦਾਨ ਮੰਗਦਾ ਫਿਰਦਾ ਹੈਂ. ਪਰ) ਜਿਸ ਮਨੁੱਖ ਨੇ (ਗੁਰੂ ਪਾਸੋਂ) ਪਰਮਾਤਮਾ ਦਾ ਨਾਮ-ਰਤਨ ਦਾਨ ਪ੍ਰਾਪਤ ਕਰ ਲਿਆ, ਉਸ ਨੂੰ (ਮਾਨੋ) ਸਾਰੇ ਹੀ ਖ਼ਜ਼ਾਨੇ ਮਿਲ ਗਏ, ਮਨ ਵਿਚ ਪੂਰਨ ਪ੍ਰਭੂ ਨੂੰ ਪ੍ਰਾਪਤ ਕਰ ਕੇ ਉਸ ਦੇ ਅੰਦਰ ਸੰਤੋਖ ਪੈਦਾ ਹੋ ਗਿਆ, ਫਿਰ ਉਹ ਮੁੜ ਮੁੜ (ਜਜਮਾਨਾਂ ਪਾਸੋਂ) ਕਿਉਂ ਮੰਗਣ ਜਾਇਗਾ ? ੩।

ਹੇ ਨਾਨਕ ! (ਆਖ–ਹੇ ਪੰਡਿਤ !) ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀਆਂ ਗੱਲਾਂ ਸੁਣਦਿਆਂ (ਜੀਵਨ) ਪਵਿੱਤਰ ਹੋ ਜਾਂਦਾ ਹੈ, ਜੀਭ ਨਾਲ ਉਚਾਰਦਿਆਂ ਉੱਚੀ ਆਤਮਕ ਅਵਸਥਾ ਅਤੇ (ਸੁਚੱਜੀ) ਅਕਲ ਪ੍ਰਾਪਤ ਹੋ ਜਾਂਦੀ ਹੈ। ਹੇ ਪੰਡਿਤ ! ਜਿਸ ਮਨੁੱਖ ਦੇ ਹਿਰਦੇ ਵਿਚ (ਗੁਰੂ ਪਰਮਾਤਮਾ ਦੀ ਸਿਫ਼ਤਿ ਸਾਲਾਹ) ਵਸਾ ਦੇਂਦਾ ਹੈ ਉਹ ਮਨੁੱਖ (ਪਰਮਾਤਮਾ ਦੇ ਦਰ ਤੇ) ਕਬੂਲ ਹੋ ਜਾਂਦਾ ਹੈ। ਹੇ ਭਾਈ ! ਪ੍ਰਭੂ ਦੀ ਸਿਫ਼ਤਿ ਸਾਲਾਹ ਕਰਨ ਵਾਲੇ ਉਹ ਬੰਦੇ ਉੱਚੇ ਜੀਵਨ ਵਾਲੇ ਬਣ ਜਾਂਦੇ ਹਨ।੪।੧੭।੨੮।

ਰਾਮਕਲੀ ਮਹਲਾ ੫ ॥ ਗਹੁ ਕਰਿ ਪਕਰੀ ਨ ਆਈ ਹਾਥਿ ॥ ਪ੍ਰੀਤਿ ਕਰੀ ਚਾਲੀ ਨਹੀ ਸਾਥਿ ॥ ਕਹੁ ਨਾਨਕ ਜਉ ਤਿਆਗਿ ਦਈ ॥ ਤਬ ਓਹ ਚਰਣੀ ਆਇ ਪਈ ॥੧॥ ਸੁਣਿ ਸੰਤਹੁ ਨਿਰਮਲ ਬੀਚਾਰ ॥ ਰਾਮ ਨਾਮ ਬਿਨੁ ਗਤਿ ਨਹੀ ਕਾਈ ਗੁਰੁ ਪੂਰਾ ਭੇਟਤ ਉਧਾਰ ॥ ੧ ॥ ਰਹਾਉ ॥ ਜਬ ਉਸ ਕਉ ਕੋਈ ਦੇਵੈ ਮਾਨੁ ॥ ਤਬ ਆਪਸ ਊਪਰਿ ਰਖੈ ਗੁਮਾਨੁ ॥ ਜਬ ਉਸ ਕਉ ਕੋਈ ਮਨਿ ਪਰਹਰੈ ॥ ਤਬ ਓਹ ਸੇਵਕਿ ਸੇਵਾ ਕਰੈ ॥ ੨ ॥ ਮੁਖਿ ਬੇਰਾਵੈ ਅੰਤਿ ਠਗਾਵੈ ॥ ਇਕਤੁ ਠਉਰ ਓਹ ਕਹੀ ਨ ਸਮਾਵੈ ॥ ਉਨਿ ਮੋਹੇ ਬਹੁਤੇ ਬ੍ਰਹਮੰਡ ॥ ਰਾਮ ਜਨੀ ਕੀਨੀ ਖੰਡ ਖੰਡ ॥ ੩ ॥ ਜੋ ਮਾਗੈ ਸੋ ਭੂਖਾ ਰਹੈ ॥ ਇਸੁ ਸੰਗਿ ਰਾਚੈ ਸੁ ਕਛੂ ਨ ਲਹੈ ॥ ਇਸਹਿ ਤਿਆਗਿ ਸਤਸੰਗਤਿ ਕਰੈ ॥ ਵਡਭਾਗੀ ਨਾਨਕ ਓਹੁ ਤਰੈ ॥੪॥੧੮॥੨੯॥ [ਪੰਨਾ ੮੯੧]

ਪਦ ਅਰਥ :–ਗਹੁ ਕਰਿ–ਗਹੁ ਕਰ ਕੇ, ਪੂਰੇ ਧਿਆਨ ਨਾਲ। ਪਕਰੀ–ਫੜੀ। ਹਾਥਿ–ਹੱਥ ਵਿਚ। ਕਰੀ–ਕੀਤੀ। ਸਾਥਿ–ਨਾਲ। ਕਹੁ–ਆਖ। ਨਾਨਕ–ਹੇ ਨਾਨਕ ! ਜਉ–ਜਦੋਂ। ਤਿਆਗਿ ਦਈ–ਛੱਡ ਦਿਤੀ। ਓਹ–[ਇਸਤ੍ਰੀ ਲਿੰਗ] ਉਹ (ਮਾਇਆ)। ੧।

ਸੰਤਹੁ–ਹੇ ਸੰਤ ਜਨੋ ! ਨਿਰਮਲ–ਪਵਿੱਤਰ। ਗਤਿ–ਉੱਚੀ ਆਤਮਕ ਅਵਸਥਾ। ਭੇਟਤ–ਮਿਲਦਿਆਂ। ਉਧਾਰ–ਪਾਰ-ਉਤਾਰਾ। ੧। ਰਹਾਉ।

ਕਉ–ਨੂੰ। ਮਾਨੁ–ਆਦਰ। ਆਪਸ ਊਪਰਿ–ਆਪਣੇ ਆਪ ਉੱਤੇ। ਗੁਮਾਨੁ–ਮਾਣ, ਅਹੰਕਾਰ। ਮਨਿ–ਮਨ ਵਿਚੋਂ। ਪਰਹਰੈ–ਤਿਆਗ ਦੇਂਦਾ ਹੈ,ਦੂਰ ਕਰ ਦੇਂਦਾ ਹੈ। ਸੇਵਕਿ–ਦਾਸੀ (ਬਣ ਕੇ)। ੨।

ਮੁਖਿ–ਮੂੰਹ ਨਾਲ। ਬੇਰਾਵੈ–ਪਰਚਾਂਦੀ ਹੈ। ਅੰਤਿ–ਆਖ਼ਰ ਨੂੰ। ਠਗਾਵੈ–ਠੱਗੀ ਕਰਦੀ ਹੈ, ਧੋਖਾ ਦੇਂਦੀ ਹੈ। ਇਕਤੁ–ਇੱਕ ਵਿਚ। ਇਕਤੁ ਠਉਰ–(ਕਿਸੇ) ਇਕ ਥਾਂ ਵਿਚ। ਕਹੀ–ਕਿਤੇ ਭੀ। ਉਨਿ–ਉਸ ਨੇ। ਰਾਮ ਜਨੀ–ਸੰਤ ਜਨਾਂ ਨੇ। ਜਨੀ–ਜਨੀਂ,

ਜਨਾਂ ਨੇ। ਖੰਡ ਖੰਡ–ਟੋਟੇ ਟੋਟੇ। ੩।

ਸੋ–ਉਹ ਮਨੁੱਖ। ਇਸੁ ਸੰਗੀ–ਇਸ (ਮਾਇਆ) ਨਾਲ। ਰਚੈ–ਮਸਤ ਰਹਿੰਦਾ ਹੈ। ਇਸਹਿ–ਇਸ (ਮਾਇਆ ਦੇ ਮੋਹ) ਨੂੰ। ਓਹੁ–ਉਹ ਮਨੁੱਖ [ਪੁਲਿੰਗ]। ੪।

ਅਰਥ :–ਹੇ ਸੰਤ ਜਨੋ! ਜੀਵਨ ਨੂੰ ਪਵਿੱਤਰ ਕਰਨ ਵਾਲੀ ਇਹ ਵਿਚਾਰ ਸੁਣੋ– ਪਰਮਾਤਮਾ ਦੇ ਨਾਮ ਤੋਂ ਬਿਨਾ ਉੱਚੀ ਆਤਮਕ ਅਵਸਥਾ ਰਤਾ ਭੀ ਨਹੀਂ ਹੁੰਦੀ, (ਪਰ ਨਾਮ ਗੁਰੂ ਪਾਸੋਂ ਮਿਲਦਾ ਹੈ) ਪੂਰਾ ਗੁਰੂ ਮਿਲਿਆਂ (ਮਾਇਆ ਦੇ ਮੋਹ ਤੋਂ ਖਲਾਸੀ ਹੋ ਕੇ) ਪਾਰ-ਉਤਾਰਾ ਹੋ ਜਾਂਦਾ ਹੈ। ੧। ਰਹਾਉ।

(ਹੇ ਸੰਤ ਜਨੋਂ ! ਜਿਸ ਮਨੁੱਖ ਨੇ ਇਸ ਮਾਇਆ ਨੂੰ) ਬੜੇ ਧਿਆਨ ਨਾਲ ਭੀ ਫੜਿਆ, ਉਸ ਦੇ ਭੀ ਹੱਥ ਵਿਚ ਨਾਂਹ ਆਈ, ਜਿਸ ਨੇ (ਇਸ ਨਾਲ) ਬੜਾ ਪਿਆਰ ਭੀ ਪਾਇਆ, ਉਸ ਦੇ ਨਾਲ ਭੀ ਰਲ ਕੇ ਇਹ ਨਾ ਤੁਰੀ(ਸਾਥ ਨਾਂਹ ਨਿਬਾਹ ਸਕੀ)। ਹੇ ਨਾਨਕ ! ਆਖ–ਜਦੋਂ ਕਿਸੇ ਮਨੁੱਖ ਨੇ ਇਸ ਨੂੰ (ਮਨੋਂ) ਛੱਡ ਦਿੱਤਾ, ਤਦੋਂ ਇਹ ਆ ਕੇ ਉਸ ਦੀ ਚਰਨੀਂ ਪੈ ਗਈ। ੧।

ਹੇ ਸੰਤ ਜਨੋ। ਜਦੋਂ ਕੋਈ ਮਨੁੱਖ ਉਸ (ਮਾਇਆ) ਨੂੰ ਆਦਰ ਦੇਂਦਾ ਹੈ (ਸਾਂਭ ਸਾਂਭ ਕੇ ਰੱਖਣ ਦਾ ਜਤਨ ਕਰਦਾ ਹੈ) ਤਦੋਂ ਉਹ ਆਪਣੇ ਉਤੇ ਬੜਾ ਮਾਣ ਕਰਦੀ ਹੈ (ਰੁੱਸ ਰੁੱਸ ਕੇ ਨੱਸ ਜਾਣ ਦਾ ਜਤਨ ਕਰਦੀ ਹੈ)।ਪਰ ਜਦੋਂ ਕੋਈ ਮਨੁੱਖ ਉਸ ਨੂੰ ਆਪਣੇ ਮਨ ਤੋਂ ਲਾਹ ਦੇਂਦਾ ਹੈ, ਤਦੋਂ ਉਹ ਉਸ ਦੀ ਦਾਸੀ ਬਣ ਕੇ ਸੇਵਾ ਕਰਦੀ ਹੈ। ੨।

ਹੇ ਸੰਤ ਜਨੋਂ ! (ਉਹ ਮਾਇਆ ਹਰੇਕ ਪ੍ਰਾਣੀ ਨੂੰ) ਮੂੰਹ ਨਾਲ ਪਰਚਾਂਦੀ ਹੈ, ਪਰ ਆਖ਼ਰ ਧੋਖਾ ਦੇ ਜਾਂਦੀ ਹੈ; ਕਿਸੇ ਇੱਕ ਥਾਂ ਤੇ ਉਹ ਕਦੇ ਭੀ ਨਹੀਂ ਟਿਕਦੀ । ਉਸ ਮਾਇਆ ਨੇ ਅਨੇਕਾਂ ਬ੍ਰਹਮੰਡਾਂ (ਦੇ ਜੀਵਾਂ) ਨੂੰ ਆਪਣੇ ਮੋਹ ਵਿਚ ਫਸਾਇਆ ਹੋਇਆ ਹੈ। ਪਰ ਸੰਤ ਜਨਾਂ ਨੇ (ਉਸ ਦੇ ਮੋਹ ਨੂੰ) ਟੋਟੇ ਟੋਟੇ ਕਰ ਦਿੱਤਾ ਹੈ। ੩।

ਹੇ ਸੰਤ ਜਨੋ ! ਜਿਹੜਾ ਮਨੁੱਖ (ਹਰ ਵੇਲੇ ਮਾਇਆ ਦੀ ਮੰਗ ਹੀ) ਮੰਗਦਾ ਰਹਿੰਦਾ ਹੈ, ਉਹ ਨਹੀਂ ਰੱਜਦਾ (ਉਸ ਦੀ ਤ੍ਰਿਸ਼ਨਾ ਕਦੇ ਨਹੀਂ ਮੁੱਕਦੀ), ਜਿਹੜਾ ਮਨੁੱਖ ਇਸ ਮਾਇਆ (ਦੇ ਮੋਹ) ਵਿਚ ਹੀ ਮਸਤ ਰਹਿੰਦਾ ਹੈ, ਉਸ ਨੂੰ(ਆਤਮਕ ਜੀਵਨ ਦੇ ਧਨ ਵਿਚੋਂ) ਕੁਝ ਨਹੀਂ ਮਿਲਦਾ। ਪਰ ਹੇ ਨਾਨਕ ! ਇਸ (ਮਾਇਆ ਦੇ ਮੋਹ) ਨੂੰ ਛੱਡ ਕੇ ਜਿਹੜਾ ਮਨੁੱਖ ਭਲਿਆਂ ਦੀ ਸੰਗਤਿ ਕਰਦਾ ਹੈ, ਉਹ ਵੱਡੇ ਭਾਗਾਂ ਵਾਲਾ ਮਨੁੱਖ (ਮਾਇਆ ਦੇ ਮੋਹ ਦੀਆਂ ਠਿਲ੍ਹਾਂ ਤੋਂ) ਪਾਰ ਲੰਘ ਜਾਂਦਾ ਹੈ। ੪। ੧੯। ੨੯।

ਰਾਮਕਲੀ ਮਹਲਾ ੫ ॥ ਆਤਮਰਾਮੁ ਸਰਬ ਮਹਿ ਪੇਖੁ ॥ ਪੂਰਨ ਪੂਰਿ ਰਹਿਆ ਪ੍ਰਭ ਏਕੁ ॥ ਰਤਨੁ ਅਮੋਲੁ ਰਿਦੇ ਮਹਿ ਜਾਨੁ ॥ ਅਪਨੀ ਵਸਤੁ ਤੂ ਆਪਿ ਪਛਾਨੁ ॥੧॥ ਪੀ ਅੰਮ੍ਰਿਤੁ ਸੰਤਨ ਪਰਸਾਦਿ॥ ਵਡੇ ਭਾਗ

ਹੋਵਹਿ ਤਉ ਪਾਈਐ ਬਿਨੁ ਜਿਹਵਾ ਕਿਆ ਜਾਣੈ ਸੁਆਦੁ ॥ ੧ ॥ ਰਹਾਉ॥ ਅਠ ਦਸ ਬੇਦ ਸੁਨੇ ਕਹ ਡੋਰਾ ॥ ਕੋਟਿ ਪ੍ਰਗਾਸ ਨ ਦਿਸੈ ਅੰਧੇਰਾ ॥ ਪਸੂ ਪਰੀਤਿ ਘਾਸ ਸੰਗਿ ਰਚੈ ॥ ਜਿਸੁ ਨਹੀ ਬੁਝਾਵੈ ਸੋ ਕਿਤੁ ਬਿਧਿ ਬੁਝੈ ॥੨॥ ਜਾਨਣਹਾਰੁ ਰਹਿਆ ਪ੍ਰਭੁ ਜਾਨਿ ॥ਓਤਿ ਪੋਤਿ ਭਗਤਨ ਸੰਗਾਨਿ॥ਬਿਗਸਿ ਬਿਗਸਿ ਅਪੁਨਾ ਪ੍ਰਭੁ ਗਾਵਹਿ ॥ ਨਾਨਕ ਤਿਨ ਜਮ ਨੇੜਿ ਨ ਆਵਹਿ ॥ ੩ ॥ ੧੯ ॥ ੩੦ ॥ [ਪੰਨਾ ੮੯੨]

ਪਦ ਅਰਥ:—ਆਤਮਰਾਮੁ—ਸਰਬ-ਵਿਆਪਕ ਆਤਮਾ। ਰਾਮੁ—ਸਭ ਵਿਚ ਰਮਿਆ ਹੋਇਆ। ਸਰਬ ਮਹਿ—ਸਭਨਾਂ ਵਿਚ। ਪੇਖੁ—ਵੇਖ। ਪੂਰਨ—ਪੂਰੇ ਤੌਰ ਤੇ। ਪੂਰਿ ਰਹਿਆ —ਵਿਆਪਕ ਹੈ। ਅਮੋਲੁ—ਜਿਸ ਦਾ ਮੁੱਲ ਨਾਂਹ ਪਾਇਆ ਜਾ ਸਕੇ। ੧।

ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਪਰਸਾਦਿ—ਕਿਰਪਾ ਨਾਲ। ਹੋਵਹਿ—(ਜੇ) ਹੋਣ। ਤਉ—ਤਾਂ, ਤਦੋਂ। ਪਾਈਐ—ਪ੍ਰਾਪਤ ਕਰੀਦਾ ਹੈ। ਬਿਨੁ ਜਿਹਵਾ—ਜੀਭ (ਨਾਲ ਜਪਣ) ਤੋਂ ਬਿਨਾ। ਕਿਆ—ਕੀਹ ? ੧। ਰਹਾਉ।

ਅਠ ਦਸ—ਅੱਠ ਤੇ ਦਸ, ਅਠਾਰਾਂ (ਪੁਰਾਣ)। ਬੇਦ—ਚਾਰ ਵੇਦ। ਸੁਨੇ ਕਹ—ਕਿੱਥੇ ਸੁਣ ਸਕਦਾ ਹੈ ? ਕੋਟਿ—ਕ੍ਰੋੜਾਂ (ਸੂਰਜ)। ਅੰਧੇਰਾ—(ਜਿਸ ਦੀਆਂ ਅੱਖਾਂ ਅੱਗੇ) ਹਨੇਰਾ ਹੈ, ਅੰਨ੍ਹਾ। ਸੰਗਿ—ਨਾਲ। ਰਚੈ—ਮਸਤ ਰਹਿੰਦਾ ਹੈ। ਬੁਝਾਵੈ—ਸਮਝ ਦੇਂਦਾ। ਕਿਤੁ ਬਿਧਿ—ਕਿਸ ਤਰੀਕੇ ਨਾਲ ? ਬੁਝੈ—ਸਮਝ ਸਕੇ। ੨।

ਜਾਨਣਹਾਰੁ—ਜਾਣ ਸਕਣ ਵਾਲਾ। ਜਾਨਿ ਰਹਿਆ—ਹਰ ਵੇਲੇ ਜਾਣਦਾ ਹੈ। ਓਤ—ਉਣਿਆ ਹੋਇਆ। ਪ੍ਰੋਤ—ਪ੍ਰੋਤਾ ਹੋਇਆ। ਓਤਿ ਪੋਤਿ—ਜਿਵੇਂ ਉਣਿਆ ਹੋਇਆ ਪ੍ਰੋਤਾ ਹੋਇਆ ਹੋਵੇ, ਤਾਣੇ ਪੇਟੇ ਵਾਂਗ। ਸੰਗਾਨਿ—ਸੰਗਿ, ਨਾਲ। ਬਿਗਸਿ—ਖਿੜ ਕੇ, ਖ਼ੁਸ਼ ਹੋ ਕੇ। ਗਾਵਹਿ—ਜੋ ਬੰਦੇ ਗਾਂਦੇ ਹਨ। ਤਿਨ ਨੇੜਿ—ਉਹਨਾਂ ਦੇ ਨੇੜੇ। ਜਮ—ਧਰਮਰਾਜ ਦੇ ਦੂਤ [ਬਹੁ ਵਚਨ]। ੩।

ਅਰਥ :—(ਹੇ ਭਾਈ ! ਸੰਤ ਜਨਾਂ ਦੀ ਸੰਗਤਿ ਵਿਚ ਟਿਕਿਆ ਰਹੁ, ਤੇ) ਸੰਤ-ਜਨਾਂ ਦੀ ਮਿਹਰ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਆ ਕਰ। ਪਰ ਇਹ ਅੰਮ੍ਰਿਤ ਤਦੋਂ ਹੀ ਮਿਲਦਾ ਹੈ ਜੇ (ਮਨੁੱਖ ਦੇ) ਵੱਡੇ ਭਾਗ ਹੋਣ। ਇਸ ਨਾਮ ਨੂੰ ਜੀਭ ਨਾਲ ਜਪਣ ਤੋਂ ਬਿਨਾ ਕੋਈ (ਇਸ ਨਾਮ-ਅੰਮ੍ਰਿਤ ਦਾ) ਕੀਹ ਸੁਆਦ ਜਾਣ ਸਕਦਾ ਹੈ ? ੧। ਰਹਾਉ।

(ਹੇ ਭਾਈ !) ਸਰਬ-ਵਿਆਪਕ ਪਰਮਾਤਮਾ ਨੂੰ ਸਭ ਜੀਵਾਂ ਵਿਚ (ਵੱਸਦਾ) ਵੇਖ। ਇਕ ਪਰਮਾਤਮਾ ਹੀ ਪੂਰਨ ਤੌਰ ਤੇ ਸਭ ਵਿਚ ਮੌਜੂਦ ਹੈ। ਹੇ ਭਾਈ ! ਹਰਿ-ਨਾਮ ਇਕ

ਐਸਾ ਰਤਨ ਹੈ ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ, ਉਹ ਰਤਨ ਤੇਰੇ ਹਿਰਦੇ ਵਿਚ ਵੱਸ ਰਿਹਾ ਹੈ, ਉਸ ਨਾਲ ਸਾਂਝ ਪਾ। (ਦੁਨੀਆ ਦੇ ਸਾਰੇ ਪਦਾਰਥ ਬਿਗਾਨੇ ਹੋ ਜਾਂਦੇ ਹਨ, ਇਹ ਹਰਿ-ਨਾਮ ਹੀ) ਤੇਰੀ ਆਪਣੀ ਚੀਜ਼ ਹੈ, ਤੂੰ ਆਪ ਇਸ ਚੀਜ਼ ਨੂੰ ਪਛਾਣ। ੧।

(ਪਰ ਹੇ ਭਾਈ!) ਬੋਲਾ ਮਨੁੱਖ ਅਠਾਰਾਂ ਪੁਰਾਣ ਤੇ ਚਾਰ ਵੇਦ ਕਿਵੇਂ ਸੁਣ ਸਕਦਾ ਹੈ? ਅੰਨ੍ਹੇ ਮਨੁੱਖ ਨੂੰ ਕ੍ਰੋੜਾਂ ਸੂਰਜਾਂ ਦਾ ਭੀ ਚਾਨਣ ਨਹੀਂ ਦਿੱਸਦਾ। ਪਸ਼ੂ ਦਾ ਪਿਆਰ ਘਾਹ ਨਾਲ ਹੀ ਹੁੰਦਾ ਹੈ, ਪਸ਼ੂ ਘਾਹ ਨਾਲ ਹੀ ਖ਼ੁਸ਼ ਰਹਿੰਦਾ ਹੈ। (ਜੀਵ ਮਾਇਆ ਦੇ ਮੋਹ ਵਿਚ ਪੈ ਕੇ ਬੋਲਾ ਅੰਨ੍ਹਾ ਹੋਇਆ ਰਹਿੰਦਾ ਹੈ, ਪਸ਼ੂ ਸਮਾਨ ਹੋ ਜਾਂਦਾ ਹੈ, ਇਸ ਨੂੰ ਆਪਣੇ ਆਪ ਹਰਿ-ਨਾਮ ਅੰਮ੍ਰਿਤ ਦੀ ਸੂਝ ਨਹੀਂ ਪੈ ਸਕਦੀ, ਤੇ) ਜਿਸ ਮਨੁੱਖ ਨੂੰ ਪਰਮਾਤਮਾ ਆਪ ਸਮਝ ਨਾਂਹ ਬਖ਼ਸ਼ੇ, ਉਹ ਕਿਸੇ ਤਰ੍ਹਾਂ ਭੀ ਸਮਝ ਨਹੀਂ ਸਕਦਾ। ੨।

ਹੇ ਭਾਈ! ਸਭ ਦੇ ਦਿਲ ਦੀ ਜਾਣਨ ਵਾਲਾ ਪਰਮਾਤਮਾ ਸਦਾ ਹਰੇਕ ਦੇ ਦਿਲ ਦੀ ਜਾਣਦਾ ਹੈ। ਉਹ ਆਪਣੇ ਭਗਤਾਂ ਨਾਲ ਇਉਂ ਮਿਲਿਆ ਰਹਿੰਦਾ ਹੈ ਜਿਵੇਂ ਤਾਣਾ ਪੇਟਾ। ਹੇ ਨਾਨਕ! ਜਿਹੜੇ ਮਨੁੱਖ ਖ਼ੁਸ਼ ਹੋ ਹੋ ਕੇ ਆਪਣੇ ਪ੍ਰਭੂ (ਦੇ ਗੁਣਾਂ) ਨੂੰ ਗਾਂਦੇ ਰਹਿੰਦੇ ਹਨ, ਜਮ-ਦੂਤ ਉਹਨਾਂ ਦੇ ਨੇੜੇ ਨਹੀਂ ਆਉਂਦੇ ।੩।੧੯।੩੦।

ਰਾਮਕਲੀ ਮਹਲਾ ੫॥ ਦੀਨੋ ਨਾਮੁ ਕੀਓ ਪਵਿਤੁ ॥ ਹਰਿ ਧਨੁ ਰਾਸਿ, ਨਿਰਾਸ ਇਹ ਬਿਤੁ ॥ ਕਾਟੀ ਬੰਧਿ ਹਰਿ ਸੇਵਾ ਲਾਇ ॥ ਹਰਿ ਹਰਿ ਭਗਤਿ ਰਾਮ ਗੁਣ ਗਾਏ ॥੧॥ ਬਾਜੇ ਅਨਹਦ ਬਾਜਾ ॥ ਰਸਕਿ ਰਸਕਿ ਗੁਣ ਗਾਵਹਿ ਹਰਿ ਜਨ, ਅਪਨੈ ਗੁਰਦੇਵਿ ਨਿਵਾਜਾ॥੧॥ ਰਹਾਉ॥ਆਇ ਬਨਿਓ ਪੂਰਬਲਾ ਭਾਗੁ ॥ ਜਨਮ ਜਨਮ ਕਾ ਸੋਇਆ ਜਾਗੁ ॥ ਗਈ ਗਿਲਾਨਿ ਸਾਧ ਕੈ ਸੰਗਿ ॥ ਮਨੁ ਤਨੁ ਰਾਤੋ ਹਰਿ ਕੈ ਰੰਗਿ ॥ ੨ ॥ ਰਾਖੇ ਰਾਖਨਹਾਰ ਦਇਆਲ॥ ਨਾ ਕਿਛੁ ਸੇਵਾ ਨਾ ਕਿਛੁ ਘਾਲ ॥ਕਰਿ ਕਿਰਪਾ ਪ੍ਰਭਿ ਕੀਨੀ ਦਇਆ ॥ ਬੂਡਤ ਦੁਖ ਮਹਿ, ਕਾਢਿ ਲਇਆ ॥੩॥ ਸੁਣਿ ਸੁਣਿ ਉਪਜਿਓ ਮਨ ਮਹਿ ਚਾਉ ॥ ਆਠ ਪਹਰ ਹਰਿ ਕੇ ਗੁਣ ਗਾਉ ॥ ਗਾਵਤ ਗਾਵਤ ਪਰਮ ਗਤਿ ਪਾਈ ॥ ਗੁਰ ਪ੍ਰਸਾਦਿ ਨਾਨਕ ਲਿਵ ਲਾਈ॥ ੪॥੨੦॥੩੧॥ [ਪੰਨਾ ੯੯੨]

ਪਦ ਅਰਥ :—ਦੀਨੋ—ਦਿੱਤਾ । ਰਾਸਿ—ਪੂੰਜੀ, ਸਰਮਾਇਆ। ਨਿਰਾਸ—ਨਿਰ-ਆਸ, ਆਸਾਂ ਤੋਂ ਬਿਨਾ, ਉਪਰਾਮ-ਚਿੱਤ । ਬਿਤੁ—ਧਨ। ਬੰਧਿ—ਰੁਕਾਵਟ। ਗਾਏ—ਗਾਂਦਾ ਹੈ। ੧।

ਬਾਜੇ—ਵੱਜਦੇ ਹਨ, ਵੱਜ ਪਏ। ਅਨਹਦ—[ਅਨ-ਹੁਤ] ਬਿਨਾ ਵਜਾਏ, ਇੱਕ-ਰਸ। ਰਸਕਿ—ਆਨੰਦ ਨਾਲ। ਗਾਵਹਿ—ਗਾਂਦੇ ਹਨ। ਗੁਰਦੇਵਿ—ਗੁਰਦੇਵ ਨੇ। ਨਿਵਾਜਾ—ਨਿਵਾਜ਼ਸ਼ ਕੀਤੀ, ਮਿਹਰ ਕੀਤੀ। ੧। ਰਹਾਉ।

ਪੂਰਬਲਾ—ਪਹਿਲੇ ਜਨਮਾਂ ਦਾ। ਭਾਗ—ਚੰਗੀ ਕਿਸਮਤ। ਸੋਇਆ—ਸੁੱਤਾ ਹੋਇਆ। ਗਿਲਾਨਿ—ਨਫ਼ਰਤ। ਕੈ ਸੰਗਿ—ਦੀ ਸੰਗਤਿ ਵਿਚ। ਰਾਤੋ—ਰਾਤਾ, ਰੰਗਿਆ ਗਿਆ। ਕੈ ਰੰਗਿ—ਦੇ ਪ੍ਰੇਮ-ਰੰਗ ਵਿਚ। ੨।

ਘਾਲ—ਮਿਹਨਤ। ਕਰਿ—ਕਰ ਕੇ। ਪ੍ਰਭਿ—ਪ੍ਰਭੂ ਨੇ। ਬੂਡਤ—ਡੁੱਬ ਰਿਹਾ। ੩।

ਸੁਨਿ—ਸੁਣ ਕੇ। ਸੁਨਿ ਸੁਨਿ—ਮੁੜ ਮੁੜ ਸੁਣ ਕੇ। ਉਪਜਿਓ—ਪੈਦਾ ਹੋਇਆ। ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ। ਗੁਰ ਪ੍ਰਸਾਦਿ—ਗੁਰੂ ਦੀ ਕਿਰਪਾ ਨਾਲ। ਨਾਨਕ—ਹੇ ਨਾਨਕ! ੪।

ਅਰਥ :—(ਹੇ ਭਾਈ! ਜਿਨ੍ਹਾਂ ਮਨੁੱਖਾਂ ਉਤੇ) ਆਪਣੇ (ਪਿਆਰੇ) ਗੁਰਦੇਵ ਨੇ ਮਿਹਰ ਕੀਤੀ, ਹਰੀ ਦੇ ਉਹ ਸੇਵਕ ਬੜੇ ਆਨੰਦ ਨਾਲ ਹਰੀ ਦੇ ਗੁਣ ਗਾਂਦੇ ਰਹਿੰਦੇ ਹਨ। ਉਹਨਾਂ ਦੇ ਅੰਦਰ (ਇਉਂ ਖਿੜਾਉ ਬਣਿਆ ਰਹਿੰਦਾ ਹੈ, ਮਾਨੋ, ਉਹਨਾਂ ਦੇ ਅੰਦਰ) ਇੱਕ-ਰਸ ਵਾਜੇ ਵੱਜ ਰਹੇ ਹਨ। ੧। ਰਹਾਉ।

(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਨੇ ਪਰਮਾਤਮਾ ਦਾ) ਨਾਮ ਦੇ ਦਿੱਤਾ, (ਉਸ ਦਾ ਜੀਵਨ) ਪਵਿੱਤਰ ਬਣਾ ਦਿੱਤਾ। (ਜਿਸ ਨੂੰ ਗੁਰੂ ਨੇ) ਹਰਿ-ਨਾਮ ਧਨ ਸਰਮਾਇਆ (ਬਖ਼ਸ਼ਿਆ, ਦੁਨੀਆ ਵਾਲਾ) ਇਹ ਧਨ (ਵੇਖ ਕੇ), ਉਹ (ਇਸ ਵਲੋਂ) ਉਪਰਾਮ-ਚਿੱਤ ਹੀ ਰਹਿੰਦਾ ਹੈ। (ਗੁਰੂ ਨੇ ਜਿਸ ਮਨੁੱਖ ਦੇ ਜੀਵਨ-ਰਾਹ ਵਿਚੋਂ ਮਾਇਆ ਦੇ ਮੋਹ ਦੀ) ਰੁਕਾਵਟ ਕੱਟ ਦਿੱਤੀ, ਉਸ ਨੂੰ ਉਸ ਨੇ ਪਰਮਾਤਮਾ ਦੀ ਭਗਤੀ ਵਿਚ ਜੋੜ ਦਿੱਤਾ, ਉਹ ਮਨੁੱਖ (ਸਦਾ) ਪਰਮਾਤਮਾ ਦੀ ਭਗਤੀ ਕਰਦਾ ਹੈ, (ਸਦਾ) ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ।

(ਹੇ ਭਾਈ!)ਗੁਰੂ ਦੀ ਸੰਗਤਿ ਵਿਚ (ਰਿਹਾਂ ਮਨੁੱਖ ਦੇ ਅੰਦਰੋਂ ਦੂਜਿਆਂ ਵਾਸਤੇ) ਨਫ਼ਰਤ ਦੂਰ ਹੋ ਜਾਂਦੀ ਹੈ, ਮਨੁੱਖ ਦਾ ਮਨ ਤੇ ਤਨ ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰੰਗਿਆ ਜਾਂਦਾ ਹੈ। (ਗੁਰੂ ਦੀ ਸੰਗਤਿ ਦੀ ਬਰਕਤਿ ਨਾਲ ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਕਈ ਜਨਮਾਂ ਦਾ ਸੁੱਤਾ ਹੋਇਆ ਜਾਗ ਪੈਂਦਾ ਹੈ, (ਸੰਗਤਿ ਦਾ ਸਦਕਾ) ਉਸ ਦਾ ਪਹਿਲੇ ਜਨਮਾਂ ਦਾ ਚੰਗਾ ਭਾਗ ਮਿਲਣ ਦਾ ਸਬੱਬ ਆ ਬਣਦਾ ਹੈ। ੨।

(ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਿਹਾਂ ਜਿਸ ਮਨੁੱਖ ਉੱਤੇ) ਪ੍ਰਭੂ ਨੇ ਕਿਰਪਾ ਕੀਤੀ, ਦਇਆ ਕੀਤੀ, ਉਸ ਨੂੰ ਦੁੱਖਾਂ ਵਿਚ ਡੁੱਬਦੇ ਨੂੰ (ਪ੍ਰਭੂ ਨੇ ਬਾਹੋਂ ਫੜ ਕੇ) ਬਚਾ ਲਿਆ, ਪ੍ਰਭੂ ਨੇ ਉਸ ਦੀ ਕੀਤੀ ਕੋਈ ਸੇਵਾ ਨਹੀਂ ਵੇਖੀ ਕੋਈ ਮਿਹਨਤ ਨਹੀਂ ਵੇਖੀ,

(ਦੁੱਖਾਂ ਤੋਂ) ਬਚਾਣ ਦੀ ਸਮਰੱਥਾ ਵਾਲੇ ਨੇ ਦਇਆ ਦੇ ਸੋਮੇ ਨੇ ਉਸ ਦੀ ਰੱਖਿਆ ਕਰ ਦਿੱਤੀ । ੩ ।

ਹੇ ਨਾਨਕ ! (ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦੀ ਸਿਫ਼ਤਿ ਸਾਲਾਹ) ਮੁੜ ਮੁੜ ਸੁਣ ਕੇ (ਜਿਸ ਮਨੁੱਖ ਦੇ) ਮਨ ਵਿਚ (ਸਿਫ਼ਤਿ ਸਾਲਾਹ ਕਰਨ ਦਾ) ਚਾਉ ਪੈਦਾ ਹੋ ਗਿਆ, ਉਹ ਅੱਠੇ ਪਹਿਰ (ਹਰ ਵੇਲੇ) ਪਰਮਾਤਮਾ ਦੇ ਗੁਣ ਗਾਣ ਲੱਗ ਪਿਆ । (ਗੁਣ) ਗਾਂਦਿਆਂ ਗਾਂਦਿਆਂ ਉਸ ਨੇ ਸਭ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲਈ । ਗੁਰੂ ਦੀ ਕਿਰਪਾ ਨਾਲ ਉਸ ਨੇ (ਪ੍ਰਭੂ-ਚਰਨਾਂ ਵਿਚ) ਸੁਰਤਿ ਜੋੜ ਲਈ ।੪।੨੦।੩੧।

ਰਾਮਕਲੀ ਮਹਲਾ ੫॥ ਕਉਡੀ ਬਦਲੈ ਤਿਆਗੈ ਰਤਨੁ ॥ ਛੋਡਿ ਜਾਇ ਤਾਹੂ ਕਾ ਜਤਨੁ ॥ ਸੋ ਸੰਚੈ ਜੋ ਹੋਛੀ ਬਾਤ ॥ ਮਾਇਆ ਮੋਹਿਆ ਟੇਢਉ ਜਾਤ ॥ ੧ ॥ ਅਭਾਗੇ ਤੈ ਲਾਜ ਨਾਹੀ ॥ ਸੁਖ ਸਾਗਰ ਪੂਰਨ ਪਰਮੇਸਰੁ ਹਰਿ ਨ ਚੇਤਿਓ ਮਨ ਮਾਹੀ ॥ ੧ ॥ ਰਹਾਉ ॥ ਅੰਮ੍ਰਿਤੁ ਕਉਰਾ ਬਿਖਿਆ ਮੀਠੀ॥ ਸਾਕਤ ਕੀ ਬਿਧਿ ਨੈਨਹੁ ਡੀਠੀ ॥ ਕੂੜਿ ਕਪਟਿ ਅਹੰਕਾਰਿ ਰੀਝਾਨਾ ॥ ਨਾਮੁ ਸੁਨਤ ਜਨੁ ਬਿਛੂਅ ਡਸਾਨਾ ॥੨॥ ਮਾਇਆ ਕਾਰਣਿ ਸਦ ਹੀ ਝੂਰੈ ॥ ਮਨਿ ਮੁਖਿ ਕਬਹਿ ਨ ਉਸਤਤਿ ਕਰੈ ॥ ਨਿਰਭਉ ਨਿਰੰਕਾਰ ਦਾਤਾਰੁ ॥ ਤਿਸੁ ਸਿਉ ਪ੍ਰੀਤਿ ਨ ਕਰੈ ਗਵਾਰੁ ॥ ੩ ॥ ਸਭ ਸਾਹਾ ਸਿਰਿ ਸਾਚਾ ਸਾਹੁ ॥ ਵੇਮੁਹਤਾਜੁ ਪੂਰਾ ਪਾਤਿਸਾਹੁ ॥ ਮੋਹ ਮਗਨ ਲਪਟਿਓ ਭ੍ਰਮ ਗਿਰਹ ॥ ਨਾਨਕ ਤਰੀਐ ਤੇਰੀ ਮਿਹਰ ॥੪॥੨੧॥੩੨॥

[ਪੰਨਾ ੯੯੨]

ਪਦ ਅਰਥ :–ਕਉਡੀ–ਤੁੱਛ ਜਿਹੀ ਚੀਜ਼ । ਬਦਲੈ–ਦੇ ਵੱਟੇ ਵਿਚ, ਦੀ ਖ਼ਾਤਰ । ਛੋਡਿ ਜਾਇ–ਜੋ ਸਾਥ ਛੱਡ ਜਾਂਦੀ ਹੈ । ਤਾਹੂ ਕਾ–ਉਸੇ (ਮਾਇਆ) ਦਾ ਹੀ । ਸੰਚੈ–ਇਕੱਠੀ ਕਰਦਾ ਹੈ । ਹੋਛੀ–ਥੋੜ੍ਹ-ਵਿਤੀ, ਥੋੜ੍ਹੇ ਵਿਤ ਵਾਲੀ । ਟੇਢਉ–ਵਿੰਗਾ, ਆਕੜ ਆਕੜ ਕੇ । ੧ ।

ਅਭਾਗੇ–ਹੇ ਭਾਗ-ਹੀਣ ! ਤੈ–ਤੈਨੂੰ । ਲਾਜ–ਸ਼ਰਮ । ਸੁਖ ਸਾਗਰ–ਸੁਖਾਂ ਦਾ ਸਮੁੰਦਰ । ਮਾਹੀ–ਵਿਚ । ੧ । ਰਹਾਉ ।

ਕਉਰਾ–ਕੌੜਾ । ਬਿਖਿਆ–ਮਾਇਆ । ਅੰਮ੍ਰਿਤੁ–ਆਤਮਕ ਜੀਵਨ ਦੇਣ ਵਾਲਾ ਨਾਮ-ਜਲ । ਸਾਕਤ–ਰੱਬ ਨਾਲੋਂ ਟੁੱਟਾ ਹੋਇਆ ਮਨੁੱਖ । ਬਿਧਿ–ਹਾਲਤ । ਨੈਨਹੁ–ਅੱਖਾਂ ਨਾਲ । ਕੂੜੀ–ਕੂੜ ਵਿਚ, ਨਾਸਵੰਤ ਪਦਾਰਥ ਵਿਚ । ਕਪਟਿ–ਕਪਟ ਵਿਚ । ਰੀਝਾਨਾ–ਰੀਝਦਾ ਹੈ, ਖ਼ੁਸ਼ ਹੁੰਦਾ ਹੈ । ਜਨੁ–ਜਾਣੋਂ, ਮਾਣੋਂ, ਜਿਵੇਂ ਕਿ । ਬਿਛੂਅ–

ਨੂੰਹਾਂ । ਡਸਾਨਾ–ਡੰਗ ਮਾਰ ਗਿਆ । ੨ ।

ਸਦ ਹੀ–ਸਦਾ ਹੀ । ਕਾਰਣਿ–ਦੀ ਖ਼ਾਤਰ । ਝੂਰੈ–ਚਿੰਤਾ ਕਰਦਾ ਰਹਿੰਦਾ ਹੈ। ਮਨਿ–ਮਨ ਵਿਚ । ਮੁਖ–ਮੂੰਹ ਨਾਲ । ਤਿਸੁ ਸਿਉ–ਉਸ ਨਾਲ । ਗਵਾਰੁ–ਮੂਰਖ ।੩।

ਸਿਰਿ–ਸਿਰ ਉਤੇ । ਸਾਚਾ–ਸਦਾ ਕਾਇਮ ਰਹਿਣ ਵਾਲਾ । ਵੇਮੁਹਤਾਜੁ–ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ, ਕਿਸੇ ਗੌਚਰੀ ਗ਼ਰਜ਼ ਨਹੀਂ । ਮਗਨ–ਮਸਤ, ਡੁੱਬਾ ਹੋਇਆ। ਲਪਟਿਓ–ਚੰਬੜਿਆ ਹੋਇਆ । ਗਿਰਹ–ਗੰਢ । ਨਾਨਕ–ਹੇ ਨਾਨਕ । ੪ ।

ਅਰਥ :–ਹੇ ਬਦ-ਨਸੀਬ (ਸਾਕਤ) ! ਤੈਨੂੰ (ਕਦੇ ਇਹ) ਸ਼ਰਮ ਨਹੀਂ ਆਉਂਦੀ ਕਿ ਜਿਹੜਾ ਸਰਬ-ਵਿਆਪਕ ਪਰਮਾਤਮਾ ਸਾਰੇ ਸੁਖਾਂ ਦਾ ਸਮੁੰਦਰ ਹੈ ਉਸ ਨੂੰ ਤੂੰ ਆਪਣੇ ਮਨ ਵਿਚ ਚੇਤੇ ਨਹੀਂ ਕਰਦਾ । ੧ । ਰਹਾਉ ।

(ਪਰਮਾਤਮਾ ਦਾ ਨਾਮ ਅਮੋਲਕ ਰਤਨ ਹੈ, ਇਸ ਦੇ ਟਾਕਰੇ ਤੇ ਮਾਇਆ ਕੌਡੀ ਦੇ ਤੁੱਲ ਹੈ; ਪਰ ਸਾਕਤ ਮਨੁੱਖ) ਕੌਡੀ ਦੀ ਖ਼ਾਤਰ (ਕੀਮਤੀ) ਰਤਨ ਨੂੰ ਛੱਡ ਦੇਂਦਾ ਹੈ, ਉਸੇ ਦੀ ਹੀ ਪ੍ਰਾਪਤੀ ਦਾ ਜਤਨ ਕਰਦਾ ਹੈ ਜੋ ਸਾਥ ਛੱਡ ਜਾਂਦੀ ਹੈ, ਉਸੇ (ਮਾਇਆ) ਨੂੰ ਹੀ ਇਕੱਠੀ ਕਰਦਾ ਰਹਿੰਦਾ ਹੈ ਜਿਸ ਦੀ ਪੁੱਛ-ਪ੍ਰਤੀਤ ਥੋੜ੍ਹੀ ਕੁ ਹੀ ਹੈ; ਮਾਇਆ ਦੇ ਮੋਹ ਵਿਚ ਫਸਿਆ ਹੋਇਆ (ਸਾਕਤ) ਆਕੜ ਆਕੜ ਕੇ ਤੁਰਦਾ ਹੈ । ੧ ।

(ਹੇ ਭਾਈ !) ਰੱਬ ਨਾਲੋਂ ਟੁੱਟੇ ਮਨੁੱਖ ਦੀ (ਭੈੜੀ) ਹਾਲਤ (ਅਸਾਂ) ਅੱਖੀਂ ਵੇਖੀ ਹੈ, ਇਸ ਨੂੰ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਕੌੜਾ ਲੱਗਦਾ ਹੈ ਤੇ ਮਾਇਆ ਮਿੱਠੀ ਲੱਗਦੀ ਹੈ । (ਸਾਕਤ ਸਦਾ) ਨਾਸਵੰਤ ਪਦਾਰਥ ਵਿਚ, ਠੱਗੀ (ਕਰਨ) ਵਿਚ ਅਤੇ ਅਹੰਕਾਰ ਵਿਚ ਖ਼ੁਸ਼ ਰਹਿੰਦਾ ਹੈ । ਪਰਮਾਤਮਾ ਦਾ ਨਾਮ ਸੁਣਦਿਆਂ ਤਾਂ ਇਉਂ ਹੁੰਦਾ ਹੈ ਜਿਵੇਂ ਇਸ ਨੂੰ ਨੂੰਹਾਂ ਡੰਗ ਮਾਰ ਜਾਂਦਾ ਹੈ । ੨ ।

(ਹੇ ਭਾਈ! ਸਾਕਤ ਮਨੁੱਖ) ਸਦਾ ਹੀ ਮਾਇਆ ਦੀ ਖ਼ਾਤਰ ਚਿੰਤਾ-ਫ਼ਿਕਰ ਕਰਦਾ ਰਹਿੰਦਾ ਹੈ, ਇਹ ਕਦੇ ਭੀ ਅਪਣੇ ਮਨ ਵਿਚ ਆਪਣੇ ਮੂੰਹ ਨਾਲ ਪਰਮਾਤਮਾ ਦੀ ਸਿਫ਼ਤਿ ਸਾਲਾਹ ਨਹੀਂ ਕਰਦਾ । ਜਿਹੜਾ ਪਰਮਾਤਮਾ ਸਭ ਦਾਤਾਂ ਦੇਣ ਵਾਲਾ ਹੈ, ਜਿਸ ਨੂੰ ਕਿਸੇ ਦਾ ਡਰ-ਭਉ ਨਹੀਂ ਹੈ, ਜੋ ਸਰੀਰਾਂ ਦੀ ਕੈਦ ਤੋਂ ਪਰੇ ਹੈ, ਉਸ ਨਾਲ ਇਹ ਮੂਰਖ ਸਾਕਤ ਕਦੇ ਪਿਆਰ ਨਹੀਂ ਪਾਂਦਾ । ੩ ।

ਹੇ ਨਾਨਕ ! (ਆਖ–ਹੇ ਪ੍ਰਭੂ !) ਤੂੰ ਸਭ ਸ਼ਾਹਾਂ ਤੋਂ ਵੱਡਾ ਅਤੇ ਸਦਾ ਕਾਇਮ ਰਹਿਣ ਵਾਲਾ ਸ਼ਾਹ ਹੈਂ, ਤੈਨੂੰ ਕਿਸੇ ਦੀ ਮੁਥਾਜੀ ਨਹੀਂ, ਤੂੰ ਸਭ ਤਾਕਤਾਂ ਦਾ ਮਾਲਕ ਪਾਤਿਸ਼ਾਹ ਹੈਂ । (ਤੇਰਾ ਪੈਦਾ ਕੀਤਾ ਜੀਵ ਸਦਾ ਮਾਇਆ ਦੇ) ਮੋਹ ਵਿਚ ਡੁੱਬਾ ਹੋਇਆ (ਮਾਇਆ ਨਾਲ ਹੀ) ਚੰਬੜਿਆ ਰਹਿੰਦਾ ਹੈ, (ਇਸ ਦੇ ਮਨ ਵਿਚ) ਭਟਕਣਾ ਦੀ ਗੰਢ ਬੱਝੀ ਰਹਿੰਦੀ ਹੈ । (ਹੇ ਪ੍ਰਭੂ ! ਇਸ ਸੰਸਾਰ-ਸਮੁੰਦਰ ਵਿਚੋਂ) ਤੇਰੀ ਮਿਹਰ ਨਾਲ ਹੀ ਤਰ

ਸਕੀਦਾ ਹੈ । ੪ । ੨੧ । ੩੨ ।

ਰਾਮਕਲੀ ਮਹਲਾ ੫॥ ਰੈਣਿ ਦਿਨਸੁ ਜਪਉ ਹਰਿ ਨਾਉ ॥ ਆਗੈ ਦਰਗਹ ਪਾਵਉ ਥਾਉ ॥ ਸਦਾ ਅਨੰਦੁ ਨ ਹੋਵੀ ਸੋਗੁ ॥ ਕਬਹੂ ਨ ਬਿਆਪੈ ਹਉਮੈ ਰੋਗੁ ॥ ੧ ॥ ਖੋਜਹੁ ਸੰਤਹੁ ਹਰਿ ਬ੍ਰਹਮ ਗਿਆਨੀ ॥ ਬਿਸਮਨ ਬਿਸਮ ਭਏ ਬਿਸਮਾਦਾ ਪਰਮ ਗਤਿ ਪਾਵਹਿ ਹਰਿ ਸਿਮਰਿ ਪਰਾਨੀ ॥ ੧ ॥ ਰਹਾਉ ॥ ਗਨਿ ਮਿਨਿ ਦੇਖਹੁ ਸਗਲ ਬੀਚਾਰਿ ॥ ਨਾਮ ਬਿਨਾ ਕੋ ਸਕੈ ਨ ਤਾਰਿ ॥ ਸਗਲ ਉਪਾਵ ਨ ਚਾਲਹਿ ਸੰਗਿ ॥ ਭਵਜਲੁ ਤਰੀਐ ਪ੍ਰਭ ਕੈ ਰੰਗਿ ॥ ੨ ॥ ਦੇਹੀ ਧੋਇ ਨ ਉਤਰੈ ਮੈਲੁ ॥ ਹਉਮੈ ਬਿਆਪੈ ਦੁਬਿਧਾ ਫੈਲੁ ॥ ਹਰਿ ਹਰਿ ਅਉਖਧੁ ਜੋ ਜਨੁ ਖਾਇ ॥ ਤਾ ਕਾ ਰੋਗੁ ਸਗਲ ਮਿਟਿ ਜਾਇ ॥੩॥ ਕਰਿ ਕਿਰਪਾ ਪਾਰਬ੍ਰਹਮ ਦਇਆਲ ॥ ਮਨ ਤੇ ਕਬਹੁ ਨ ਬਿਸਰੁ ਗੋੁਪਾਲ ॥ ਤੇਰੇ ਦਾਸ ਕੀ ਹੋਵਾ ਧੂਰਿ ॥ ਨਾਨਕ ਕੀ ਪ੍ਰਭ ਸਰਧਾ ਪੂਰਿ ॥੪॥੨੨॥੩੩॥ [ਪੰਨਾ ੯੯੩]

ਪਦ ਅਰਥ :–ਰੈਣਿ–[ਰਜਨਿ] ਰਾਤ । ਦਿਨਸੁ–ਦਿਨ । ਜਪਉ–ਜਪਉਂ, ਮੈਂ ਜਪਦਾ ਰਹਾਂ । ਆਗੈ–ਪਰਲੋਕ ਵਿਚ । ਪਾਵਉ–ਪਾਵਉਂ, ਮੈਂ ਹਾਸਲ ਕਰ ਲਵਾਂ । ਸੋਗੁ–ਗ਼ਮ, ਚਿੰਤਾ । ਹੋਵੀ–ਹੋਵੇਗਾ । ਨ ਬਿਆਪੈ–ਆਪਣਾ ਜ਼ੋਰ ਨਹੀਂ ਪਾ ਸਕਦਾ । ੧ ।

ਸੰਤਹੁ–ਹੇ ਸੰਤ ਜਨੋ ! ਬ੍ਰਹਮ ਗਿਆਨੀ–ਪਰਮਾਤਮਾ ਨਾਲ ਸਾਂਝ ਰੱਖਣ ਵਾਲਾ । ਬ੍ਰਹਮ ਗਿਆਨੀ ਸੰਤਹੁ–ਪਰਮਾਤਮਾ ਨਾਲ ਸਾਂਝ ਰੱਖਣ ਵਾਲੇ ਹੇ ਸੰਤ ਜਨੋ ! ਖੋਜਹੁ–ਭਾਲ ਕਰੋ । ਬਿਸਮ–ਅਸਚਰਜ । ਬਿਸਮਨ ਬਿਸਮ–ਬਹੁਤ ਹੀ ਹੈਰਾਨ ਕਰਨ ਵਾਲੀ । ਬਿਸਮਾਦਾ–ਹੈਰਾਨੀ ਪੈਦਾ ਕਰਨ ਵਾਲੀ ਅਵਸਥਾ । ਪਰਮ ਗਤਿ–ਸਭ ਤੋਂ ਉੱਚੀ ਆਤਮਕ ਅਵਸਥਾ । ਪਰਾਨੀ–ਹੇ ਪ੍ਰਾਣੀ ! ੧ । ਰਹਾਉ ।

ਗਨਿ–ਗਿਣ ਕੇ । ਮਿਨਿ–ਮਿਣ ਕੇ । ਬੀਚਾਰਿ–ਵਿਚਾਰ ਕੇ । ਕੋ–ਕੋਈ । ਸਕੈ ਨ ਤਾਰਿ–ਤਾਰਿ ਨ ਸਕੈ । ਉਪਾਵ–[ਲਫ਼ਜ਼ 'ਉਪਾਉ' ਤੋਂ ਬਹੁ ਵਚਨ] । ਸਗਲ–ਸਾਰੇ । ਸੰਗਿ–ਨਾਲ । ਭਵਜਲੁ–ਸੰਸਾਰ-ਸਮੁੰਦਰ । ਤਰੀਐ–ਤਰਿਆ ਜਾ ਸਕਦਾ ਹੈ । ਕੈ ਰੰਗਿ–ਦੇ ਪ੍ਰੇਮ ਵਿਚ ਰਿਹਾਂ । ੨ ।

ਦੇਹੀ–ਸਰੀਰ । ਧੋਇ–ਧੋ ਕੇ । ਦੁਬਿਧਾ–ਦੁ-ਚਿੱਤਾ-ਪਨ, ਅੰਦਰੋਂ ਹੋਰ ਤੇ ਬਾਹਰੋਂ ਹੋਰ ਹੋਣਾ । ਫੈਲੁ–ਖਿਲਾਰਾ, ਪਸਾਰਾ । ਅਉਖਧੁ–ਦਾਰੂ, ਦਵਾਈ । ਤਾ ਕਾ–ਉਸ (ਮਨੁੱਖ) ਦਾ । ੩ ।

ਤੇ-ਤੋਂ। ਕਬਹੁ ਨ-ਕਦੇ ਭੀ ਨ। ਗੁੋਪਾਲ-ਹੇ ਗੋਪਾਲ! [ਅੱਖਰ 'ਗ' ਦੇ ਨਾਲ ਦੋ ਲਗਾਂ ਹਨ-ੋ ਅਤੇ ੁ। ਅਸਲ ਲਫ਼ਜ਼ 'ਗੋਪਾਲ' ਹੈ, ਇਥੇ 'ਗੁਪਾਲ' ਪੜ੍ਹਨਾ ਹੈ)। ਹੋਵਾ-ਹੋਵਾਂ, ਮੈਂ ਹੋ ਜਾਵਾਂ। ਸਰਧਾ-ਤਾਂਘ, ਇੱਛਾ। ਪੂਰਿ-ਪੂਰੀ ਕਰ। ੪।

ਅਰਥ :-ਪਰਮਾਤਮਾ ਨਾਲ ਡੂੰਘੀ ਸਾਂਝ ਰੱਖਣ ਵਾਲੇ ਹੇ ਸੰਤ ਜਨੋ! ਸਦਾ ਪਰਮਾਤਮਾ ਦੀ ਖੋਜ ਕਰਦੇ ਰਹੋ। ਹੇ ਪ੍ਰਾਣੀ! (ਸਦਾ) ਪਰਮਾਤਮਾ ਦਾ ਸਿਮਰਨ ਕਰਦਾ ਰਹੁ; (ਸਿਮਰਨ ਦੀ ਬਰਕਤਿ ਨਾਲ) ਬੜੀ ਹੀ ਹੈਰਾਨ ਕਰਨ ਵਾਲੀ ਅਸਚਰਜ ਆਤਮਕ ਅਵਸਥਾ ਬਣ ਜਾਇਗੀ, ਤੂੰ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਏਂਗਾ। ੧। ਰਹਾਉ।

(ਹੇ ਪ੍ਰਭੂ! ਕਿਰਪਾ ਕਰ) ਮੈਂ ਦਿਨ ਰਾਤ ਹਰਿ-ਨਾਮ ਜਪਦਾ ਰਹਾਂ, (ਤੇ ਇਸ ਤਰ੍ਹਾਂ) ਪਰਲੋਕ ਵਿਚ ਤੇਰੀ ਹਜ਼ੂਰੀ ਵਿਚ ਥਾਂ ਪ੍ਰਾਪਤ ਕਰ ਲਵਾਂ। (ਜਿਹੜਾ ਮਨੁੱਖ ਨਾਮ ਜਪਦਾ ਹੈ, ਉਸ ਨੂੰ) ਸਦਾ ਆਨੰਦ ਬਣਿਆ ਰਹਿੰਦਾ ਹੈ, ਕਦੇ ਉਸ ਨੂੰ ਚਿੰਤਾ ਨਹੀਂ ਵਾਪਰਦੀ; ਹਉਮੈ ਦਾ ਰੋਗ ਕਦੇ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ। ੧।

ਹੇ ਸੰਤ ਜਨੋ! ਸਾਰੇ ਗਹੁ ਨਾਲ ਚੰਗੀ ਤਰ੍ਹਾਂ ਵਿਚਾਰ ਕੇ ਵੇਖ ਲਵੋ, ਪਰਮਾਤਮਾ ਦੇ ਨਾਮ ਤੋਂ ਬਿਨਾ ਹੋਰ ਕੋਈ ਭੀ (ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘਾ ਸਕਦਾ। (ਨਾਮ ਤੋਂ ਬਿਨਾ) ਹੋਰ ਸਾਰੇ ਹੀ ਹੀਲੇ (ਮਨੁੱਖ ਦੇ) ਨਾਲ ਨਹੀਂ ਜਾਂਦੇ (ਸਹਾਇਤਾ ਨਹੀਂ ਕਰਦੇ)। ਪ੍ਰਭੂ ਦੇ ਪ੍ਰੇਮ-ਰੰਗ ਵਿਚ ਰਿਹਾਂ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ। ੨।

(ਹੇ ਸੰਤ ਜਨੋ! ਤੀਰਥ ਆਦਿਕਾਂ ਤੇ) ਸਰੀਰ ਨੂੰ ਧੋਤਿਆਂ (ਮਨ ਦੀ ਵਿਕਾਰਾਂ ਵਾਲੀ) ਮੈਲ ਦੂਰ ਨਹੀਂ ਹੁੰਦੀ, (ਸਗੋਂ ਇਹ) ਹਉਮੈ ਆਪਣਾ ਦਬਾਉ ਪਾ ਲੈਂਦੀ ਹੈ (ਕਿ ਮੈਂ ਤੀਰਥਾਂ ਦੇ ਇਸ਼ਨਾਨ ਕਰ ਆਇਆ ਹਾਂ। ਮਨੁੱਖ ਦੇ ਅੰਦਰ) ਅੰਦਰੋਂ ਹੋਰ ਤੇ ਬਾਹਰੋਂ ਹੋਰ ਹੋਣ ਦਾ ਪਸਾਰਾ ਪਸਰ ਜਾਂਦਾ ਹੈ (ਮਨੁੱਖ ਪਖੰਡੀ ਹੋ ਜਾਂਦਾ ਹੈ)। ਹੇ ਸੰਤ ਜਨੋ! ਜਿਹੜਾ ਮਨੁੱਖ ਪਰਮਾਤਮਾ ਦੇ ਨਾਮ ਦੀ ਦਵਾਈ ਖਾਂਦਾ ਹੈ, ਉਸ ਦਾ ਸਾਰਾ (ਮਾਨਸਕ) ਰੋਗ ਦੂਰ ਹੋ ਜਾਂਦਾ ਹੈ। ੩।

ਹੇ ਪਾਰਬ੍ਰਹਮ! ਹੇ ਦਇਆ ਦੇ ਘਰ! (ਮੇਰੇ ਉਤੇ) ਕਿਰਪਾ ਕਰ। ਹੇ ਗੋਪਾਲ! ਤੂੰ ਮੇਰੇ ਮਨ ਤੋਂ ਕਦੇ ਭੀ ਨਾਂਹ ਵਿੱਸਰ। ਹੇ ਪ੍ਰਭੂ! ਮੈਂ ਤੇਰੇ ਦਾਸਾਂ ਦੇ ਚਰਨਾਂ ਦੀ ਧੂੜ ਬਣਿਆ ਰਹਾਂ-ਨਾਨਕ ਦੀ ਇਹ ਤਾਂਘ ਪੂਰੀ ਕਰ। ੪। ੨੨। ੩੩।

ਰਾਮਕਲੀ ਮਹਲਾ ੫॥ ਤੇਰੀ ਸਰਣਿ ਪੂਰੇ ਗੁਰਦੇਵ॥ ਤੁਧੁ ਬਿਨੁ ਦੂਜਾ ਨਾਹੀ ਕੋਇ॥ ਤੂ ਸਮਰਥੁ ਪੂਰਨ ਪਾਰਬ੍ਰਹਮੁ॥ ਸੋ ਧਿਆਏ ਪੂਰਾ ਜਿਸੁ ਕਰਮੁ॥ ੧॥ ਤਰਣ ਤਾਰਣ ਪ੍ਰਭ ਤੇਰੋ ਨਾਉ॥ ਏਕਾ ਸਰਣਿ ਗਹੀ ਮਨ

ਮੇਰੈ ਤੁਧੁ ਬਿਨੁ ਦੂਜਾ ਨਾਹੀ ਠਾਉ ॥ ੧ ॥ ਰਹਾਉ ॥ ਜਪਿ ਜਪਿ ਜੀਵਾ ਤੇਰਾ ਨਾਉ ॥ਆਗੈ ਦਰਗਹ ਪਾਵਉ ਠਾਉ ॥ ਦੂਖੁ ਅੰਧੇਰਾ ਮਨ ਤੇ ਜਾਇ ॥ ਦੁਰਮਤਿ ਬਿਨਸੈ ਰਾਚੈ ਹਰਿ ਨਾਇ ॥ ੨ ॥ ਚਰਨ ਕਮਲ ਸਿਉ ਲਾਗੀ ਪ੍ਰੀਤਿ ॥ ਗੁਰ ਪੂਰੇ ਕੀ ਨਿਰਮਲ ਰੀਤਿ ॥ ਭਉ ਭਾਗਾ ਨਿਰਭਉ ਮਨਿ ਬਸੈ ॥ ਅੰਮ੍ਰਿਤ ਨਾਮ ਰਸਨਾ ਨਿਤ ਜਪੈ ॥੩॥ ਕੋਟਿ ਜਨਮ ਕੇ ਕਾਟੇ ਫਾਹੇ ॥ ਪਾਇਆ ਲਾਭੁ ਸਚਾ ਧਨੁ ਲਾਹੇ ॥ ਤੋਟਿ ਨ ਆਵੈ ਅਖੁਟ ਭੰਡਾਰ ॥ ਨਾਨਕ ਭਗਤ ਸੋਹਹਿ ਹਰਿ ਦੁਆਰ ॥ ੪ ॥ ੨੩ ॥ ੩੪ ॥ [ਪੰਨਾ ੮੯੩]

ਪਦ ਅਰਥ :-ਗੁਰਦੇਵ-ਹੇ ਗੁਰਦੇਵ !ਸਮਰਥੁ-ਸਭ ਤਾਕਤਾਂ ਦਾ ਮਾਲਕ । ਸੋ-ਉਹ ਬੰਦਾ । ਜਿਸੁ-ਜਿਸ ਉਤੇ । ਕਰਮੁ-ਬਖ਼ਸ਼ਸ਼ । ੧ ।

ਤਰਣ-ਬੇੜੀ । ਪ੍ਰਭ-ਹੇ ਪ੍ਰਭੂ ! ਗਹੀ-ਫੜੀ । ਮਨ ਮੋਰੈ-ਮੇਰੇ ਮਨ ਨੇ । ਠਾਉ-ਥਾਂ । ੧ । ਰਹਾਉ ।

ਜਪਿ-ਜਪ ਕੇ । ਜਪਿ ਜਪਿ-ਮੁੜ ਮੁੜ ਜਪ ਕੇ ।ਜੀਵਾ-ਜੀਵਾਂ, ਮੈਂ ਜੀਉਂਦਾ ਹਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ । ਪਾਵਉ-ਪਾਵਉਂ, ਮੈਂ ਪ੍ਰਾਪਤ ਕਰਦਾ ਹਾਂ । ਮਨ ਤੇ-ਮਨ ਤੋਂ । ਜਾਇ-ਚਲਾ ਜਾਂਦਾ ਹੈ । ਦੁਰਮਤਿ-ਭੈੜੀ ਮਤਿ । ਰਾਚੈ-ਰਚਦਾ ਹੈ, ਲੀਨ ਹੁੰਦਾ ਹੈ । ਨਾਇ-ਨਾਮ ਵਿਚ । ੨ ।

ਸਿਉ-ਨਾਲ । ਚਰਨ ਕਮਲ-ਕੌਲ ਫੁੱਲਾਂ ਵਰਗੇ ਸੋਹਣੇ ਚਰਨ । ਨਿਰਮਲ-ਪਵਿੱਤਰ । ਰੀਤਿ-ਮਰਯਾਦਾ । ਭਉ-ਡਰ । ਨਿਰਭਉ-ਡਰ-ਰਹਿਤ ਪਰਮਾਤਮਾ । ਮਨਿ-ਮਨ ਵਿਚ । ਅੰਮ੍ਰਿਤ ਨਾਮ-ਆਤਮਕ ਜੀਵਨ ਦੇਣ ਵਾਲਾ ਨਾਮ । ਰਸਨਾ-ਜੀਭ (ਨਾਲ) । ੩ ।

ਕੋਟਿ-ਕ੍ਰੋੜਾਂ । ਸਚਾ-ਸਦਾ ਕਾਇਮ ਰਹਿਣ ਵਾਲਾ । ਲਾਹੇ-ਖੱਟੀ, ਨਫ਼ਾ । ਤੋਟਿ -ਘਾਟਾ । ਅਖੁਟ-ਕਦੇ ਨਾਹ ਮੁੱਕਣ ਵਾਲੇ । ਭੰਡਾਰ-ਖ਼ਜ਼ਾਨੇ । ਸੋਹਹਿ-ਸੋਭਦੇ ਹਨ । ਦੁਆਰ-ਦੁਆਰਿ,ਦਰਵਾਜ਼ੇ ਤੇ । ੪ ।

ਅਰਥ :-ਹੇ ਪ੍ਰਭੂ ! ਤੇਰਾ ਨਾਮ (ਜੀਵਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈ । ਮੇਰੇ ਮਨ ਨੇ ਇਕ ਤੇਰੀ ਹੀ ਓਟ ਲਈ ਹੈ । ਹੇ ਪ੍ਰਭੂ ! ਤੇਥੋਂ ਬਿਨਾ ਮੈਨੂੰ ਕੋਈ ਹੋਰ (ਆਸਰੇ ਵਾਲੀ) ਥਾਂ ਨਹੀਂ ਸੁੱਝਦੀ । ੧ । ਰਹਾਉ ।

ਹੇ ਸਰਬ-ਗੁਣ ਭਰਪੂਰ ਤੇ ਸਭ ਤੋਂ ਵੱਡੇ ਦੇਵਤੇ ! ਮੈਂ ਤੇਰੀ ਸਰਨ ਆਇਆ ਹਾਂ। ਤੈਥੋਂ ਬਿਨਾ ਮੈਨੂੰ ਕੋਈ ਹੋਰ (ਸਹਾਈ) ਨਹੀਂ (ਦਿੱਸਦਾ) । ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੂੰ ਹਰ ਥਾਂ ਵਿਆਪਕ ਪਰਮੇਸਰ ਹੈਂ । ਉਹੀ ਮਨੁੱਖ ਤੇਰਾ ਧਿਆਨ ਧਰ ਸਕਦਾ ਹੈ

ਜਿਸ ਉਤੇ ਤੇਰੀ ਪੂਰੀ ਬਖ਼ਸ਼ਸ਼ ਹੋਵੇ । ੧ ।

ਹੇ ਮੇਰੇ ਗੁਰਦੇਵ ! ਤੇਰਾ ਨਾਮ ਜਪ ਜਪ ਕੇ ਮੈਂ (ਇਥੇ) ਆਤਮਕ ਜੀਵਨ ਹਾਸਲ ਕਰ ਰਿਹਾ ਹਾਂ, ਅਗਾਂਹ ਤੇਰੀ ਹਜ਼ੂਰੀ ਵਿਚ ਮੈਂ (ਟਿਕਣ ਜੋਗਾ) ਥਾਂ ਪ੍ਰਾਪਤ ਕਰ ਸਕਾਂਗਾ। ਹੇ ਪ੍ਰਭੂ ! ਜਿਹੜਾ ਮਨੁੱਖ ਤੇਰੇ ਨਾਮ ਵਿਚ ਲੀਨ ਹੁੰਦਾ ਹੈ, (ਉਸ ਦੇ ਅੰਦਰੋਂ) ਭੈੜੀ ਮਤਿ ਦੂਰ ਹੋ ਜਾਂਦੀ ਹੈ, ਉਸ ਦੇ ਮਨ ਤੋਂ ਦੁੱਖ-ਕਲੇਸ਼ ਤੇ (ਮਾਇਆ ਦੇ ਮੋਹ ਦਾ) ਹਨੇਰਾ ਚਲਾ ਜਾਂਦਾ ਹੈ । ੨ ।

(ਹੇ ਭਾਈ ! ਪਰਮਾਤਮਾ ਦਾ ਨਾਮ ਜਪਣਾ ਹੀ) ਪੂਰੇ ਗੁਰੂ ਦੀ ਪਵਿੱਤਰ ਜੀਵਨ-ਮਰਯਾਦਾ ਹੈ (ਜਿਹੜਾ ਮਨੁੱਖ ਇਹ ਮਰਯਾਦਾ ਧਾਰਨ ਕਰਦਾ ਹੈ, ਉਸ ਦਾ) ਪਿਆਰ (ਪਰਮਾਤਮਾ ਦੇ) ਸੋਹਣੇ ਚਰਨਾਂ ਨਾਲ ਬਣ ਜਾਂਦਾ ਹੈ । ਜਿਹੜਾ ਮਨੁੱਖ ਆਪਣੀ ਜੀਭ ਨਾਲ ਆਤਮਕ ਜੀਵਨ ਦੇਣ ਵਾਲਾ ਨਾਮ ਨਿੱਤ ਜਪਦਾ ਹੈ, ਡਰ-ਰਹਿਤ ਪ੍ਰਭੂ ਉਸ ਦੇ ਮਨ ਵਿਚ ਆ ਵੱਸਦਾ ਹੈ (ਇਸ ਵਾਸਤੇ ਉਸ ਦਾ ਹਰੇਕ) ਡਰ ਦੂਰ ਹੋ ਜਾਂਦਾ ਹੈ ।੩।

ਹੇ ਨਾਨਕ ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੇ ਦਰ ਤੇ ਸੋਭਾ ਪਾਂਦੇ ਹਨ । (ਭਗਤੀ ਦਾ ਸਦਕਾ ਉਹਨਾਂ ਦੇ ਪਹਿਲੇ ਕ੍ਰੋੜਾਂ ਜਨਮਾਂ ਦੇ (ਮਾਇਆ ਦੇ) ਬੰਧਨ ਕੱਟੇ ਜਾਂਦੇ ਹਨ (ਜੀਵ ਇਥੇ ਜਗਤ ਵਿਚ ਹਰਿ-ਨਾਮ-ਧਨ ਦਾ ਵਣਜ ਕਰਨ ਆਉਂਦੇ ਹਨ । ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦੇ) ਸਦਾ ਕਾਇਮ ਰਹਿਣ ਵਾਲਾ ਨਾਮ-ਧਨ-ਨਫ਼ਾ ਖੱਟ ਲੈਂਦੇ ਹਨ (ਉਹਨਾਂ ਪਾਸ ਇਸ ਨਾਮ-ਧਨ ਦੇ) ਕਦੇ ਨਾਂਹ ਮੁੱਕਣ ਵਾਲੇ ਖ਼ਜ਼ਾਨੇ (ਭਰ ਜਾਂਦੇ ਹਨ ਜਿਨ੍ਹਾਂ ਵਿਚ) ਕਦੇ ਘਾਟਾ ਨਹੀਂ ਪੈਂਦਾ । ੪ । ੨੩ । ੩੪ ।

ਰਾਮਕਲੀ ਮਹਲਾ ੫॥ ਰਤਨ ਜਵੇਹਰ ਨਾਮ ॥ ਸਤੁ ਸੰਤੋਖੁ ਗਿਆਨ॥ ਸੂਖ ਸਹਜ ਦਇਆ ਕਾ ਪੋਤਾ॥ ਹਰਿ ਭਗਤਾ ਹਵਾਲੈ ਹੋਤਾ ॥੧॥ ਮੇਰੇ ਰਾਮ ਕੋ ਭੰਡਾਰੁ ॥ ਖਾਤ ਖਰਚਿ ਕਛੁ ਤੋਟਿ ਨ ਆਵੈ ਅੰਤੁ ਨਹੀ ਹਰਿ ਪਾਰਾਵਾਰੁ ॥ ੧ ॥ ਰਹਾਉ॥ ਕੀਰਤਨੁ ਨਿਰਮੋਲਕ ਹੀਰਾ ॥ਆਨੰਦ ਗੁਣੀ ਗਹੀਰਾ ॥ ਅਨਹਦ ਬਾਣੀ ਪੂੰਜੀ ॥ ਸੰਤਨ ਹਥਿ ਰਾਖੀ ਕੂੰਜੀ ॥ ੨ ॥ ਸੁੰਨ ਸਮਾਧਿ ਗੁਫਾ ਤਹ ਆਸਨੁ ॥ ਕੇਵਲ ਬ੍ਰਹਮ ਪੂਰਨ ਤਹ ਬਾਸਨੁ ॥ ਭਗਤ ਸੰਗਿ ਪ੍ਰਭੁ ਗੋਸਟਿ ਕਰਤ ॥ ਤਹ ਹਰਖ ਨ ਸੋਗ ਨ ਜਨਮ ਨ ਮਰਤ ॥੩॥ ਕਰਿ ਕਿਰਪਾ ਜਿਸੁ ਆਪਿ ਦਿਵਾਇਆ ॥ ਸਾਧ ਸੰਗਿ ਤਿਨਿ ਹਰਿ ਧਨੁ ਪਾਇਆ ॥ ਦਇਆਲ ਪੁਰਖ ਨਾਨਕ ਅਰਦਾਸਿ ॥ ਹਰਿ ਮੇਰੀ ਵਰਤਣਿ ਹਰਿ ਮੇਰੀ ਰਾਸਿ ॥੪॥੨੪॥੩੫॥ [ਪੰਨਾ ੮੯੩]

ਪਦ ਅਰਥ :—ਸਤੁ—ਦਾਨ, ਸੇਵਾ । ਗਿਆਨ—ਪਰਮਾਤਮਾ ਨਾਲ ਜਾਣ-ਪਛਾਣ,

ਉੱਚੇ ਆਤਮਕ ਜੀਵਨ ਦੀ ਸੂਝ । ਸਹਜ–ਆਤਮਕ ਅਡੋਲਤਾ । ਪੋਤਾ–ਪੋਤਹ, ਖ਼ਜ਼ਾਨਾ । ਭਗਤਾ ਹਵਾਲੈ–ਭਗਤਾਂ ਦੇ ਵੱਸ ਵਿਚ । ੧ ।

ਕੋ–ਦਾ । ਭੰਡਾਰੁ–ਖ਼ਜ਼ਾਨਾ । ਖਾਤ–ਖਾਂਦਿਆਂ । ਖਰਚਿ–ਖ਼ਰਚ ਕੇ, ਵਰਤ ਕੇ । ਤੋਟਿ–ਕਮੀ । ਪਾਰਾਵਾਰੁ–[ਪਾਰ-ਅਵਾਰ] ਪਾਰਲਾ ਤੇ ਉਰਲਾ ਬੰਨਾ । ੧ । ਰਹਾਉ ।

ਨਿਰਮੋਲਕ–ਜਿਸ ਦਾ ਮੁੱਲ ਨਾਂਹ ਪਾਇਆ ਜਾ ਸਕੇ । ਗੁਣੀ–ਗੁਣਾਂ ਦਾ ਮਾਲਕ ਪ੍ਰਭੂ । ਗਹੀਰਾ–ਡੂੰਘਾ, ਸਮੁੰਦਰ । ਅਨਹਦ–[ਅਨਾਹਤ] ਬਿਨਾ ਵਜਾਏ ਵੱਜਣ ਵਾਲੀ, ਇੱਕ-ਰਸ ਜਾਰੀ ਰਹਿਣ ਵਾਲੀ । ਬਾਣੀ–ਸਿਫ਼ਤਿ ਸਾਲਾਹ ਦੀ ਰੌ । ਪੂੰਜੀ–ਸਰਮਾਇਆ, ਰਾਸ । ਸੰਤਨ ਹਥਿ–ਸੰਤਾਂ ਦੇ ਹੱਥ ਵਿਚ । ਕੂੰਜੀ–ਕੁੰਜੀ । ੨ ।

ਸੁੰਨ–ਸੁੰਞ, ਫੁਰਨਿਆਂ ਦਾ ਅਭਾਵ, ਜਿੱਥੇ ਕੋਈ ਮਾਇਕ ਫੁਰਨਾ ਨਾਂਹ ਉੱਠੇ । ਤਹ–ਉਥੇ, ਉਸ ਹਿਰਦੇ ਵਿਚ । ਗੁਫਾ ਆਸਨੁ–ਗੁਫ਼ਾ ਵਿਚ ਟਿਕਾਣਾ । ਬਾਸਨੁ–ਵਾਸ । ਸੰਗਿ–ਨਾਲ । ਗੋਸਟਿ–ਮਿਲਾਪ । ਹਰਖ–ਖ਼ੁਸ਼ੀ । ਸੋਗ–ਗ਼ਮ । ਮਰਤ–ਮੌਤ। ੩ ।

ਕਰਿ–ਕਰ ਕੇ । ਜਿਸੁ–ਜਿਸ ਮਨੁੱਖ ਨੂੰ । ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ । ਤਿਨਿ–ਉਸ (ਮਨੁੱਖ) ਨੇ । ਦਇਆਲ–ਹੇ ਦਇਆ ਦੇ ਘਰ ਪ੍ਰਭੂ ! ਨਾਨਕ ਅਰਦਾਸਿ–ਨਾਨਕ ਦੀ ਅਰਜ਼ੋਈ । ਵਰਤਨਿ–ਹਰ ਵੇਲੇ ਵਰਤੀ ਜਾਣ ਵਾਲੀ ਸ਼ੈ । ਰਾਸਿ–ਪੂੰਜੀ, ਸਰਮਾਇਆ । ੪ ।

ਅਰਥ :–(ਹੇ ਭਾਈ !) ਪਿਆਰੇ ਪ੍ਰਭੂ ਦਾ ਖ਼ਜ਼ਾਨਾ (ਐਸਾ ਹੈ ਕਿ ਉਸ ਨੂੰ)ਆਪ ਵਰਤਦਿਆਂ ਤੇ ਹੋਰਨਾਂ ਨੂੰ ਵੰਡਦਿਆਂ (ਉਸ ਵਿਚ) ਕਮੀ ਨਹੀਂ ਆਉਂਦੀ । ਉਸ ਪਰਮਾਤਮਾ ਦੇ ਖ਼ਜ਼ਾਨੇ ਦਾ ਅੰਤ ਨਹੀਂ ਲੱਭਦਾ, ਉਸ ਦੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭਦਾ । ੧ । ਰਹਾਉ ।

(ਹੇ ਭਾਈ ! ਪਿਆਰੇ ਪ੍ਰਭੂ ਦਾ ਖ਼ਜ਼ਾਨਾ ਐਸਾ ਹੈ ਜਿਸ ਵਿਚ ਉਸ ਦਾ) ਨਾਮ (ਹੀ) ਰਤਨ ਤੇ ਜਵਾਹਰਾਤ ਹਨ, ਉਸ ਵਿਚ ਸਤ ਸੰਤੋਖ ਤੇ ਉੱਚੇ ਆਤਮਕ ਜੀਵਨ ਦੀ ਸੂਝ ਕੀਮਤੀ ਪਦਾਰਥ ਹਨ । ਉਹ ਖ਼ਜ਼ਾਨਾ ਸੁਖ, ਆਤਮਕ ਅਡੋਲਤਾ ਤੇ ਦਇਆ ਦਾ ਸੋਮਾ ਹੈ । ਪਰ ਉਹ ਖ਼ਜ਼ਾਨਾ ਪਰਮਾਤਮਾ ਦੇ ਭਗਤਾਂ ਦੇ ਸਪੁਰਦ ਹੋਇਆ ਹੋਇਆ ਹੈ । ੧ ।

(ਹੇ ਭਾਈ ! ਪਿਆਰੇ ਪ੍ਰਭੂ ਦਾ ਖ਼ਜ਼ਾਨਾ ਐਸਾ ਹੈ ਜਿਸ ਵਿਚ ਉਸ ਦਾ) ਕੀਰਤਨ ਇਕ ਅਜਿਹਾ ਹੀਰਾ ਹੈ ਜਿਸ ਦਾ ਮੁੱਲ ਨਹੀਂ ਪੈ ਸਕਦਾ (ਉਸ ਕੀਰਤਨ ਦੀ ਬਰਕਤਿ ਨਾਲ) ਗੁਣਾਂ ਦੇ ਮਾਲਕ ਸਮੁੰਦਰ-ਪ੍ਰਭੂ (ਦੇ ਮਿਲਾਪ) ਦਾ ਆਨੰਦ (ਪ੍ਰਾਪਤ ਹੁੰਦਾ ਹੈ) । (ਕੀਰਤਨ ਦੀ ਬਰਕਤ ਨਾਲ ਪੈਦਾ ਹੋਈ) ਇੱਕ-ਰਸ ਜਾਰੀ ਰਹਿਣ ਵਾਲੀ ਸਿਫ਼ਤਿ

ਸਾਲਾਹ ਦੀ ਰੌ (ਉਸ ਖ਼ਜ਼ਾਨੇ ਵਿਚ ਮਨੁੱਖ ਲਈ) ਸਰਮਾਇਆ ਹੈ। (ਪਰ ਪਰਮਾਤਮਾ ਨੇ ਇਸ ਖ਼ਜ਼ਾਨੇ ਦੀ) ਕੁੰਜੀ ਸੰਤਾਂ ਦੇ ਹੱਥ ਵਿਚ ਰੱਖੀ ਹੋਈ ਹੈ। ੨।

(ਹੇ ਭਾਈ ! ਜਿਸ ਹਿਰਦੇ-ਘਰ ਵਿਚ ਉਹ ਖ਼ਜ਼ਾਨਾ ਆ ਵੱਸਦਾ ਹੈ) ਉਥੇ ਐਸੀ ਸਮਾਧੀ ਬਣੀ ਰਹਿੰਦੀ ਹੈ ਜਿਸ ਵਿਚ ਕੋਈ ਮਾਇਕ ਫੁਰਨਾ ਨਹੀਂ ਉੱਠਦਾ, (ਪਹਾੜਾਂ ਦੀਆਂ ਕੰਦ੍ਰਾਂ ਦੇ ਥਾਂ ਉਸ ਹਿਰਦੇ-)ਗੁਫ਼ਾ ਵਿਚ ਮਨੁੱਖ ਦੀ ਸੁਰਤੀ ਟਿਕੀ ਰਹਿੰਦੀ ਹੈ,ਉਸ ਹਿਰਦੇ-ਘਰ ਵਿਚ ਸਿਰਫ਼ ਪੂਰਨ ਪਰਮਾਤਮਾ ਦਾ ਨਿਵਾਸ ਬਣਿਆ ਰਹਿੰਦਾ ਹੈ। (ਜਿਸ ਭਗਤ ਦੇ ਹਿਰਦੇ ਵਿਚ ਉਹ ਖ਼ਜ਼ਾਨਾ ਪਰਗਟ ਹੋ ਪੈਂਦਾ ਹੈ ਉਸ) ਭਗਤ ਨਾਲ ਪ੍ਰਭੂ ਮਿਲਾਪ ਬਣਾ ਲੈਂਦਾ ਹੈ, ਉਸ ਹਿਰਦੇ ਵਿਚ ਖ਼ੁਸ਼ੀ ਗ਼ਮੀ ਜਨਮ-ਮਰਨ (ਦੇ ਗੇੜ ਦੇ ਡਰ) ਦਾ ਕੋਈ ਅਸਰ ਨਹੀਂ ਹੁੰਦਾ। ੩।

(ਪਰ, ਹੇ ਭਾਈ ! ਸਿਰਫ਼) ਉਸ ਮਨੁੱਖ ਨੇ ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹ ਨਾਮ-ਧਨ ਲੱਭਾ ਹੈ ਜਿਸ ਨੂੰ ਪ੍ਰਭੂ ਨੇ ਆਪ ਕਿਰਪਾ ਕਰ ਕੇ ਇਹ ਧਨ ਦਿਵਾਇਆ ਹੈ। ਹੇ ਦਇਆ ਦੇ ਸੋਮੇ ਅਕਾਲ ਪੁਰਖ !(ਤੇਰੇ ਸੇਵਕ)ਨਾਨਕ ਦੀ ਭੀ ਇਹੀ ਅਰਜ਼ੋਈ ਹੈ ਕਿ ਤੇਰਾ ਨਾਮ ਮੇਰਾ ਸਰਮਾਇਆ ਬਣਿਆ ਰਹੇ, ਤੇਰਾ ਨਾਮ ਮੇਰੀ ਹਰ ਵੇਲੇ ਦੀ ਵਰਤਣ ਵਾਲੀ ਸ਼ੈ ਬਣੀ ਰਹੇ। ੪। ੨੪। ੩੫।

ਰਾਮਕਲੀ ਮਹਲਾ ੫ ॥ ਮਹਿਮਾ ਨ ਜਾਨਹਿ ਬੇਦ ॥ ਬ੍ਰਹਮੇ ਨਹੀ ਜਾਨਹਿ ਭੇਦ ॥ ਅਵਤਾਰ ਨ ਜਾਨਹਿ ਅੰਤੁ ॥ ਪਰਮੇਸਰੁ ਪਾਰਬ੍ਰਹਮ ਬੇਅੰਤੁ॥ ੧॥ ਅਪਨੀ ਗਤਿ ਆਪਿ ਜਾਨੈ ॥ ਸੁਣਿ ਸੁਣਿ ਅਵਰ ਵਖਾਨੈ ॥ ੧ ॥ ਰਹਾਉ ॥ ਸੰਕਰਾ ਨਹੀ ਜਾਨਹਿ ਭੇਵ ॥ ਖੋਜਤ ਹਾਰੇ ਦੇਵ ॥ ਦੇਵੀਆ ਨਹੀ ਜਾਨੈ ਮਰਮ ॥ ਸਭ ਊਪਰਿ ਅਲਖ ਪਾਰਬ੍ਰਹਮ ॥੨॥ ਅਪਨੈ ਰੰਗਿ ਕਰਤਾ ਕੇਲ ॥ ਆਪਿ ਬਿਛੋਰੈ ਆਪੇ ਮੇਲ ॥ ਇਕਿ ਭਰਮੇ ਇਕਿ ਭਗਤੀ ਲਾਇ ॥ ਅਪਣਾ ਕੀਆ ਆਪਿ ਜਣਾਇ ॥ ੩ ॥ ਸੰਤਨ ਕੀ ਸੁਣਿ ਸਾਚੀ ਸਾਖੀ ॥ ਸੋ ਬੋਲਹਿ ਜੋ ਪੇਖਹਿ ਆਖੀ ॥ ਨਹੀ ਲੇਪੁ ਤਿਸੁ ਪੁੰਨਿ ਨ ਪਾਪਿ ॥ ਨਾਨਕ ਕਾ ਪ੍ਰਭੁ ਆਪੇ ਆਪਿ ॥੪॥੨੫॥੩੬॥ [ਪੰਨਾ ੮੯੪]

ਪਦ ਅਰਥ :-ਮਹਿਮਾ-ਵਡਿਆਈ। ਨ ਜਾਨਹਿ-ਨਹੀਂ ਜਾਣਦੇ [ਬਹੁ ਵਚਨ]। ਬੇਦ-ਚਾਰੇ ਵੇਦ [ਬਹੁ ਵਚਨ]। ਬ੍ਰਹਮੇ-ਅਨੇਕਾਂ ਬ੍ਰਹਮਾ [ਬਹੁ ਵਚਨ] । ਭੇਦ-(ਪਰਮਾਤਮਾ ਦੇ) ਦਿਲ ਦੀ ਗੱਲ। ੧।

ਗਤਿ-ਹਾਲਤ। ਜਾਨੈ-ਜਾਣਦਾ ਹੈ। ਸੁਣਿ-ਸੁਣ ਕੇ। ਅਵਰ-ਹੋਰਨਾਂ ਪਾਸੋਂ। ਵਖਾਨੈ-(ਜਗਤ) ਬਿਆਨ ਕਰਦਾ ਹੈ। ੧। ਰਹਾਉ।

ਸੰਕਰ–ਅਨੇਕਾਂ ਸ਼ਿਵ। ਭੇਵ–ਭੇਦ। ਹਾਰੇ–ਥੱਕ ਗਏ। ਜਾਨੈ–ਜਾਣਦੀ। ਮਰਮ–ਭੇਦ। ਅਲਖ- ਅਲੱਖ, ਜਿਸ ਦਾ ਸਹੀ ਸਰੂਪ ਬਿਆਨ ਨਾਂਹ ਕੀਤਾ ਜਾ ਸਕੇ। ੨।

ਅਪਨੈ ਰੰਗਿ–ਆਪਣੀ ਮੌਜ ਵਿਚ। ਕਰਤਾ–ਕਰਦਾ ਰਹਿੰਦਾ ਹੈ। ਕੇਲ–ਖੇਲ, ਕੌਤਕ, ਤਮਾਸ਼ੇ। ਬਿਛੋਰੈ–ਵਿਛੋੜਦਾ ਹੈ। ਆਪੇ–ਆਪ ਹੀ। ਇਕਿ–[ਬਹੁ ਵਚਨ ਲਫ਼ਜ਼ 'ਇਕ' ਤੋਂ] ਅਨੇਕ ਜੀਵ। ਭਰਮੇ–ਭਰਮ ਵਿਚ ਹੀ। ਕੀਆ–ਪੈਦਾ ਕੀਤਾ ਹੋਇਆ (ਜਗਤ)। ਜਣਾਏ–ਸੂਝ ਦੇਂਦਾ ਹੈ। ੩।

ਸਾਚੀ ਸਾਖੀ–ਸਦਾ ਕਾਇਮ ਰਹਿਣ ਵਾਲੀ ਗੱਲ। ਸੋ–ਉਹ ਕੁਝ। ਬੋਲਹਿ–ਬੋਲਦੇ ਹਨ [ਬਹੁ ਵਚਨ]। ਪੇਖਹਿ–ਵੇਖਦੇ ਹਨ। ਆਖੀ–(ਆਪਣੀਆਂ) ਅੱਖਾਂ ਨਾਲ। ਲੇਪੁ–ਪ੍ਰਭਾਵ, ਅਸਰ। ਪੁੰਨਿ–ਪੁੰਨ ਨੇ। ਪਾਪਿ–ਪਾਪ ਨੇ। ਆਪੇ ਆਪਿ–ਆਪਣੇ ਵਰਗਾ ਆਪ ਹੀ ਆਪ। ੪।

ਅਰਥ :–(ਹੇ ਭਾਈ !) ਪਰਮਾਤਮਾ ਕਿਹੋ ਜਿਹਾ ਹੈ–ਇਹ ਗੱਲ ਉਹ ਆਪ ਹੀ ਜਾਣਦਾ ਹੈ। (ਜੀਵ) ਹੋਰਨਾਂ ਪਾਸੋਂ ਸੁਣ ਸੁਣ ਕੇ ਹੀ (ਪਰਮਾਤਮਾ ਬਾਰੇ) ਜ਼ਿਕਰ ਕਰਦਾ ਰਹਿੰਦਾ ਹੈ। ੧। ਰਹਾਉ।

(ਹੇ ਭਾਈ !) ਪ੍ਰਭੂ ਕੇਡਾ ਵੱਡਾ ਹੈ–ਇਹ ਗੱਲ (ਚਾਰੇ) ਵੇਦ (ਭੀ) ਨਹੀਂ ਜਾਣਦੇ। ਅਨੇਕਾਂ ਬ੍ਰਹਮਾ ਭੀ (ਉਸ ਦੇ) ਦਿਲ ਦੀ ਗੱਲ ਨਹੀਂ ਜਾਣਦੇ। ਸਾਰੇ ਅਵਤਾਰ ਭੀ ਉਸ (ਪਰਮਾਤਮਾ ਦੇ ਗੁਣਾਂ) ਦਾ ਅੰਤ ਨਹੀਂ ਜਾਣਦੇ। ਹੇ ਭਾਈ ! ਪਾਰਬ੍ਰਹਮ ਪਰਮੇਸਰ ਬੇਅੰਤ ਹੈ। ੧।

(ਹੇ ਭਾਈ !) ਅਨੇਕਾਂ ਸ਼ਿਵ ਜੀ ਪਰਮਾਤਮਾ ਦੇ ਦਿਲ ਦੀ ਗੱਲ ਨਹੀਂ ਜਾਣਦੇ, ਅਨੇਕਾਂ ਦੇਵਤੇ ਉਸ ਦੀ ਖੋਜ ਕਰਦੇ ਕਰਦੇ ਥੱਕ ਗਏ। ਦੇਵੀਆਂ ਵਿਚੋਂ ਭੀ ਕੋਈ ਉਸ ਪ੍ਰਭੂ ਦਾ ਭੇਦ ਨਹੀਂ ਜਾਣਦੀ। ਹੇ ਭਾਈ ! ਪਰਮਾਤਮਾ ਸਭਨਾਂ ਤੋਂ ਵੱਡਾ ਹੈ, ਉਸ ਦੇ ਸਹੀ ਸਰੂਪ ਦਾ ਬਿਆਨ ਨਹੀਂ ਕੀਤਾ ਜਾ ਸਕਦਾ। ੨।

(ਹੇ ਭਾਈ !) ਪਰਮਾਤਮਾ ਆਪਣੀ ਮੌਜ ਵਿਚ (ਜਗਤ ਦੇ ਸਾਰੇ) ਕੌਤਕ ਕਰ ਰਿਹਾ ਹੈ, ਪ੍ਰਭੂ ਆਪ ਹੀ (ਜੀਵਾਂ ਨੂੰ ਆਪਣੇ ਚਰਨਾਂ ਤੋਂ) ਵਿਛੋੜਦਾ ਹੈ, ਆਪ ਹੀ ਮਿਲਾਂਦਾ ਹੈ। ਅਨੇਕਾਂ ਜੀਵਾਂ ਨੂੰ ਉਸ ਨੇ ਭਟਕਣਾ ਵਿਚ ਪਾਇਆ ਹੋਇਆ ਹੈ, ਤੇ ਅਨੇਕਾਂ ਜੀਵਾਂ ਨੂੰ ਆਪਣੀ ਭਗਤੀ ਵਿਚ ਜੋੜਿਆ ਹੋਇਆ ਹੈ। (ਇਹ ਜਗਤ ਉਸ ਦਾ) ਆਪਣਾ ਹੀ ਪੈਦਾ ਕੀਤਾਹੋਇਆ ਹੈ, (ਇਸ ਨੂੰ ਉਹ) ਆਪ ਹੀ ਸੂਝ ਬਖ਼ਸ਼ਦਾ ਹੈ।੩।

(ਹੇ ਭਾਈ !) ਸੰਤ-ਜਨਾਂ ਬਾਰੇ ਇਹ ਸੱਚੀ ਗੱਲ ਸੁਣ। ਸੰਤ ਜਨ ਉਹ ਕੁਝ ਆਖਦੇ ਹਨ ਜੋ ਉਹ ਆਪਣੀਆਂ ਅੱਖਾਂ ਨਾਲ ਵੇਖਦੇ ਹਨ। (ਸੰਤ ਜਨ ਆਖਦੇ ਹਨ ਕਿ) ਉਸ ਪਰਮਾਤਮਾ ਉਤੇ ਨਾਂਹ ਕਿਸੇ ਪੁੰਨ ਨੇ ਨਾਂਹ ਕਿਸੇ ਪਾਪ ਨੇ (ਕਦੇ ਆਪਣਾ)

ਪ੍ਰਭਾਵ ਪਾਇਆ ਹੈ। ਹੇ ਭਾਈ! ਨਾਨਕ ਦਾ ਪਰਮਾਤਮਾ (ਆਪਣੇ ਵਰਗਾ) ਆਪ ਹੀ ਆਪ ਹੈ।੪।੨੫।੩੬।

ਰਾਮਕਲੀ ਮਹਲਾ ੫ ॥ ਕਿਛਹੂ ਕਾਜੁ ਨ ਕੀਓ ਜਾਨਿ ॥ ਸੁਰਤਿ ਮਤਿ ਨਾਹੀ ਕਿਛੁ ਗਿਆਨਿ ॥ ਜਾਪ ਤਾਪ ਸੀਲ ਨਹੀ ਧਰਮ ॥ ਕਿਛੂ ਨ ਜਾਨਉ ਕੈਸਾ ਕਰਮ ॥ ੧ ॥ ਠਾਕੁਰ ਪ੍ਰੀਤਮ ਪ੍ਰਭ ਮੇਰੇ ॥ ਤੁਝ ਬਿਨੁ ਦੂਜਾ ਅਵਰੁ ਨ ਕੋਈ ਭੂਲਹ ਚੂਕਹ ਪ੍ਰਭ ਤੇਰੇ ॥੧॥ ਰਹਾਉ ॥ ਰਿਧਿ ਨ ਬੁਧਿ ਨ ਸਿਧਿ ਪ੍ਰਗਾਸੁ ॥ ਬਿਖੈ ਬਿਆਧਿ ਕੇ ਗਾਵ ਮਹਿ ਬਾਸੁ ॥ ਕਰਣਹਾਰ ਮੇਰੇ ਪ੍ਰਭ ਏਕ ॥ ਨਾਮ ਤੇਰੇ ਕੀ ਮਨ ਮਹਿ ਟੇਕ ॥ ੨ ॥ ਸੁਣਿ ਸੁਣਿ ਜੀਵਉ ਮਨਿ ਇਹੁ ਬਿਸ੍ਰਾਮੁ ॥ ਪਾਪ ਖੰਡਨ ਪ੍ਰਭ ਤੇਰੋ ਨਾਮੁ ॥ ਤੂ ਅਗਨਤੁ ਜੀਅ ਕਾ ਦਾਤਾ ॥ ਜਿਸਹਿ ਜਣਾਵਹਿ ਤਿਨਿ ਤੂ ਜਾਤਾ ॥ ੩ ॥ ਜੋ ਉਪਾਇਓ ਤਿਸੁ ਤੇਰੀ ਆਸ ॥ ਸਗਲ ਅਰਾਧਹਿ ਪ੍ਰਭ ਗੁਣਤਾਸ ॥ ਨਾਨਕ ਦਾਸ ਤੇਰੈ ਕੁਰਬਾਣੁ ॥ ਬੇਅੰਤ ਸਾਹਿਬੁ ਮੇਰਾ ਮਿਹਰਵਾਣੁ ॥੪॥੨੬॥੩੭॥ [ਪੰਨਾ ੯੯੪]

ਪਦ ਅਰਥ :—ਕਿਛਹੂ ਕਾਜੁ—ਕੋਈ ਭੀ (ਚੰਗਾ) ਕੰਮ। ਕੀਓ—ਕੀਤਾ। ਜਾਨਿ—ਜਾਣ ਕੇ, ਮਿਥ ਕੇ। ਗਿਆਨਿ—ਗਿਆਨ-ਚਰਚਾ ਵਿਚ। ਸੁਰਤਿ—ਧਿਆਨ, ਲਗਨ। ਸੀਲ—ਚੰਗਾ ਸੁਭਾਉ। ਨ ਜਾਨਉ—ਨ ਜਾਨਉਂ, ਮੈਂ ਨਹੀਂ ਜਾਣਦਾ। ਕਰਮ—ਕਰਮ ਕਾਂਡ। ੧।

ਠਾਕੁਰ—ਹੇ ਠਾਕੁਰ! ਭੂਲਹ—(ਜੇ) ਅਸੀ ਭੁੱਲਾਂ ਕਰਦੇ ਹਾਂ। ਚੂਕਹ—(ਜੇ) ਅਸੀ ਖੁੰਝਦੇ ਹਾਂ। ਪ੍ਰਭ—ਹੇ ਪ੍ਰਭੂ! ੧। ਰਹਾਉ।

ਰਿਧਿ—(Supernatural Power) ਕਰਾਮਾਤੀ ਤਾਕਤ ਜਿਸ ਨਾਲ ਮਨ-ਇੱਛਤ ਪਦਾਰਥ ਪ੍ਰਾਪਤ ਕੀਤੇ ਜਾ ਸਕਣ। ਸਿਧਿ—ਕਰਾਮਤੀ ਤਾਕਤ। ਬੁਧਿ—ਉੱਚੀ ਸੂਝ-ਬੂਝ। ਬਿਖੈ—ਵਿਸ਼ੇ। ਬਿਆਧਿ—[व्याधि] ਸਰੀਰਕ ਰੋਗ। ਗਾਵ ਮਹਿ—ਪਿੰਡ ਵਿਚ [ਲਫ਼ਜ਼ 'ਗਾਉ' ਤੋਂ ਸੰਬੰਧਕ ਦੇ ਕਾਰਨ 'ਗਾਵ' ਬਣ ਗਿਆ ਹੈ]। ਟੇਕ—ਆਸਰਾ। ੨।

ਜੀਵਉ—ਜੀਵਉਂ, ਮੈਂ ਜੀਊਂਦਾ ਹਾਂ। ਮਨਿ—ਮਨ ਵਿਚ। ਬਿਸ੍ਰਾਮ—ਧਰਵਾਸ। ਪਾਪ ਖੰਡਨ—ਪਾਪਾਂ ਦਾ ਨਾਸ ਕਰਨ ਵਾਲਾ। ਪ੍ਰਭ—ਹੇ ਪ੍ਰਭੂ! ਅਗਨਤੁ—[ਅ-ਗਨਤੁ] ਲੇਖੇ ਤੋਂ ਪਰੇ। ਜੀਅ ਕਾ—ਜਿੰਦ ਦਾ। ਜਿਸਹਿ—ਜਿਸ ਨੂੰ। ਜਣਾਵਹਿ—ਤੂੰ ਸਮਝ ਬਖ਼ਸ਼ਦਾ ਹੈਂ। ਤਿਨਿ—ਉਸ ਮਨੁੱਖ ਨੇ। ਤੂ—ਤੈਨੂੰ। ੩।

ਉਪਾਇਓ—(ਤੂੰ) ਪੈਦਾ ਕੀਤਾ ਹੈ। ਸਗਲ—ਸਾਰੇ ਜੀਵ। ਅਰਾਧਹਿ—ਅਰਾਧਦੇ

ਹਨ, ਯਾਦ ਕਰਦੇ ਹਨ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ। ਤੇਰੈ—ਤੈਥੋਂ। ਸਾਹਿਬੁ—ਮਾਲਕ।੪।

ਅਰਥ :—ਹੇ ਮੇਰੇ ਪ੍ਰੀਤਮ ਪ੍ਰਭੂ! ਹੇ ਮੇਰੇ ਠਾਕੁਰ! ਜੇ ਅਸੀ ਭੁੱਲਾਂ ਕਰਦੇ ਹਾਂ, ਜੇ ਅਸੀ (ਜੀਵਣ-ਰਾਹ ਤੋਂ) ਖੁੰਝਦੇ ਹਾਂ, ਤਾਂ ਭੀ ਹੇ ਪ੍ਰਭੂ! ਅਸੀ ਤੇਰੇ ਹੀ ਹਾਂ, ਤੈਥੋਂ ਬਿਨਾ ਸਾਡਾ ਹੋਰ ਕੋਈ ਨਹੀਂ ਹੈ।੧।ਰਹਾਉ।

ਹੇ ਪ੍ਰਭੂ! ਮੈਨੂੰ ਕੋਈ ਸਮਝ ਨਹੀਂ ਕਿ ਕਰਮ-ਕਾਂਡ ਕਿਹੋ ਜਿਹੇ ਹੁੰਦੇ ਹਨ; ਜਪਾਂ ਤਪਾਂ ਸੀਲ-ਧਰਮ ਨੂੰ ਭੀ ਮੈਂ ਨਹੀਂ ਜਾਣਦਾ। ਹੇ ਪ੍ਰਭੂ! ਗਿਆਨ-ਚਰਚਾ ਵਿਚ ਭੀ ਮੇਰੀ ਸੁਰਤਿ ਮੇਰੀ ਮਤਿ ਨਹੀਂ ਟਿਕਦੀ। ਮੈਂ ਇਹੋ ਜਿਹਾ ਕੋਈ ਭੀ ਕੰਮ ਮਿਥ ਕੇ ਨਹੀਂ ਕਰਦਾ।੧।

ਹੇ ਮੇਰੇ ਪ੍ਰਭੂ! ਕਰਾਮਾਤੀ ਤਾਕਤਾਂ ਦੀ ਸੂਝ-ਬੂਝ ਤੇ ਪ੍ਰਕਾਸ਼ ਮੇਰੇ ਅੰਦਰ ਨਹੀਂ ਹੈ। ਵਿਕਾਰਾਂ ਤੇ ਰੋਗਾਂ ਦੇ ਇਸ ਸਰੀਰ-ਪਿੰਡ ਵਿਚ ਮੇਰਾ ਵਸੇਬਾ ਹੈ। ਹੇ ਮੇਰੇ ਸਿਰਜਣਹਾਰ! ਮੇਰੇ ਮਨ ਵਿਚ ਸਿਰਫ਼ ਤੇਰੇ ਨਾਮ ਦਾ ਸਹਾਰਾ ਹੈ।੨।

ਹੇ ਮੇਰੇ ਪ੍ਰਭੂ! ਮੇਰੇ ਮਨ ਵਿਚ (ਸਿਰਫ਼) ਇਹ ਧਰਵਾਸ ਹੈ ਕਿ ਤੇਰਾ ਨਾਮ ਪਾਪਾਂ ਦਾ ਨਾਸ ਕਰਨ ਵਾਲਾ ਹੈ; (ਤੇਰਾ ਨਾਮ) ਸੁਣ ਸੁਣ ਕੇ ਹੀ ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ। ਪ੍ਰਭੂ! ਤੇਰੀਆਂ ਤਾਕਤਾਂ ਗਿਣੀਆਂ ਨਹੀਂ ਜਾ ਸਕਦੀਆਂ, ਤੂੰ ਹੀ ਜਿੰਦ-ਦੇਣ ਵਾਲਾ ਹੈਂ। ਜਿਸ ਮਨੁੱਖ ਨੂੰ ਤੂੰ ਸੂਝ ਬਖ਼ਸ਼ਦਾ ਹੈਂ, ਉਸ ਨੇ ਹੀ ਤੇਰੇ ਨਾਲ ਜਾਣ ਪਛਾਣ ਪਾਈ ਹੈ।੩।

ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ! ਸਾਰੇ ਜੀਵ ਤੇਰਾ ਹੀ ਆਰਾਧਨ ਕਰਦੇ ਹਨ, ਜਿਸ ਜਿਸ ਜੀਵ ਨੂੰ ਤੂੰ ਪੈਦਾ ਕੀਤਾ ਹੈ, ਉਸ ਨੂੰ ਤੇਰੀ (ਸਹਾਇਤਾ ਦੀ) ਹੀ ਆਸ ਹੈ। ਤੇਰਾ ਦਾਸ ਨਾਨਕ ਤੈਥੋਂ ਸਦਕੇ ਜਾਂਦਾ ਹੈ (ਤੇ ਆਖਦਾ ਹੈ—) ਤੂੰ ਮੇਰਾ ਮਾਲਕ ਹੈਂ, ਤੂੰ ਬੇਅੰਤ ਹੈਂ, ਤੂੰ ਸਦਾ ਦਇਆ ਕਰਨ ਵਾਲਾ ਹੈਂ।੪।੨੬।੩੭।

ਭਾਵ! ਪਰਮਾਤਮਾ ਦਾ ਨਾਮ ਹੀ ਸਾਰੇ ਪਾਪਾਂ ਦਾ ਨਾਸ ਕਰਨ ਵਾਲਾ ਹੈ। ਕੋਈ ਕਰਮ-ਧਰਮ, ਕੋਈ ਗਿਆਨ-ਚਰਚਾ, ਕੋਈ ਰਿੱਧੀਆਂ ਸਿੱਧੀਆਂ ਇਸ ਦੀ ਬਰਾਬਰੀ ਨਹੀਂ ਕਰ ਸਕਦੀਆਂ।

ਰਾਮਕਲੀ ਮਹਲਾ ੫॥ ਰਾਖਨਹਾਰ ਦਇਆਲ ॥ ਕੋਟਿ ਭਵ ਖੰਡੇ ਨਿਮਖ ਖਿਆਲ ॥ ਸਗਲ ਅਰਾਧਹਿ ਜੰਤ ॥ ਮਿਲੀਐ ਪ੍ਰਭ ਗੁਰ ਮਿਲਿ ਮੰਤ ॥੧॥ ਜੀਅਨ ਕੋ ਦਾਤਾ ਮੇਰਾ ਪ੍ਰਭੁ ॥ ਪੂਰਨ ਪਰਮੇਸੁਰ ਸੁਆਮੀ ਘਟਿ ਘਟਿ ਰਾਤਾ ਮੇਰਾ ਪ੍ਰਭੁ ॥ ੧ ॥ ਰਹਾਉ ॥ ਤਾ ਕੀ ਗਹੀ ਮਨ ਓਟ ॥ ਬੰਧਨ ਤੇ ਹੋਈ ਛੋਟ ॥ਹਿਰਦੈ ਜਪਿ ਪਰਮਾਨੰਦ॥ਮਨ ਮਾਹਿ ਭਏ ਅਨੰਦ

੨॥ ਤਾਰਣ ਤਰਣ ਹਰਿ ਸਰਣ ॥ ਜੀਵਨ ਰੂਪ ਹਰਿ ਚਰਣ ॥ ਸੰਤਨ ਕੇ ਪ੍ਰਾਣ ਅਧਾਰ ॥ ਊਚੇ ਤੇ ਊਚ ਅਪਾਰ ॥੩॥ ਸੁ ਮਤਿ ਸਾਰੁ ਜਿਤੁ ਹਰਿ ਸਿਮਰੀਜੈ ॥ ਕਰਿ ਕਿਰਪਾ ਜਿਸੁ ਆਪੇ ਦੀਜੈ ॥ ਸੂਖ ਸਹਜ ਆਨੰਦ ਹਰਿ ਨਾਉ॥ਨਾਨਕ ਜਪਿਆ ਗੁਰ ਮਿਲਿ ਨਾਉ॥੪॥੨੭॥੩੮॥[ਪੰਨਾ ੮੯੪]

ਪਦ ਅਰਥ :–ਦਇਆਲ–ਦਇਆ ਦਾ ਘਰ। ਕੋਟਿ–ਕ੍ਰੋੜਾਂ। ਭਵ–ਜਨਮ, ਜਨਮਾਂ ਦੇ ਗੇੜ। ਖੰਡੇ–ਨਾਸ ਹੋ ਜਾਂਦੇ ਹਨ। ਨਿਮਖ–[ਨਿਮੇਸ਼] ਅੱਖ ਦੇ ਫਰਕਣ ਜਿਤਨਾ ਸਮਾ। ਖਿਆਲ–ਧਿਆਨ। ਸਗਲ ਜੰਤ–ਸਾਰੇ ਜੀਵ। ਮਿਲੀਐ ਪ੍ਰਭ–ਪ੍ਰਭੂ ਨੂੰ ਮਿਲ ਪਈਦਾ ਹੈ। ਗੁਰ ਮਿਲਿ–ਗੁਰੂ ਨੂੰ ਮਿਲ ਕੇ। ਗੁਰ ਮੰਤ–ਗੁਰੂ ਦਾ ਉਪਦੇਸ਼ (ਲੈ ਕੇ)।੧।

ਕੋ–ਦਾ। ਪੂਰਨ–ਸਰਬ–ਵਿਆਪਕ। ਸੁਆਮੀ–ਮਾਲਕ। ਘਟਿ ਘਟਿ–ਹਰੇਕ ਸਰੀਰ ਵਿਚ। ਰਾਤਾ–ਰਮਿਆ ਹੋਇਆ।੧।ਰਹਾਉ।

ਤਾ ਕੀ–ਉਸ (ਪ੍ਰਭੂ) ਦੀ। ਗਹੀ–ਫੜੀ। ਮਨ–ਹੇ ਮਨ! ਓਟ–ਆਸਰਾ। ਤੇ–ਤੋਂ। ਛੋਟ–ਖਲਾਸੀ। ਹਿਰਦੈ–ਹਿਰਦੇ ਵਿਚ। ਜਪਿ–ਜਪ ਕੇ। ਮਾਹਿ–ਵਿਚ।੨।

ਤਰਣ–ਜਹਾਜ਼। ਪ੍ਰਾਣ ਅਧਾਰ–ਜਿੰਦ ਦਾ ਆਸਰਾ। ਊਚੇ ਤੇ ਊਚ–ਉੱਚੇ ਤੋਂ ਉੱਚਾ, ਸਭ ਤੋਂ ਉੱਚਾ। ਅਪਾਰ–[ਅ-ਪਾਰ] ਜਿਸ ਦੀ ਹਸਤੀ ਦਾ ਪਾਰਲਾ ਬੰਨਾ ਨਾਂਹ ਲੱਭ ਸਕੇ, ਬੇਅੰਤ।੩।

ਸਾਰੁ–ਸਾਂਭ, ਸੰਭਾਲ, ਗ੍ਰਹਿਣ ਕਰ। ਜਿਤੁ–ਜਿਸ (ਮਤਿ) ਦੀ ਰਾਹੀਂ। ਸਿਮਰੀਜੈ–ਸਿਮਰਿਆ ਜਾ ਸਕਦਾ ਹੈ। ਕਰਿ–ਕਰ ਕੇ। ਸਹਜ–ਆਤਮਕ ਅਡੋਲਤਾ। ਨਾਉ–ਨਾਮ।੪।

ਅਰਥ :–ਹੇ ਭਾਈ! ਮੇਰਾ ਪ੍ਰਭੂ ਸਭ ਜੀਆਂ ਨੂੰ ਦਾਤਾਂ ਦੇਣ ਵਾਲਾ ਹੈ। ਉਹ ਮੇਰਾ ਮਾਲਕ ਪਰਮੇਸਰ ਪ੍ਰਭੂ ਸਭ ਵਿਚ ਵਿਆਪਕ ਹੈ, ਹਰੇਕ ਸਰੀਰ ਵਿਚ ਰਮਿਆ ਹੋਇਆ ਹੈ।੧।ਰਹਾਉ।

ਹੇ ਭਾਈ! ਪਰਮਾਤਮਾ ਸਭ ਜੀਵਾਂ ਦੀ ਰੱਖਿਆ ਕਰਨ ਦੇ ਸਮਰੱਥ ਹੈ, ਦਇਆ ਦਾ ਸੋਮਾ ਹੈ। ਜੇ ਅੱਖ ਫਰਕਣ ਜਿਤਨੇ ਸਮੇ ਵਾਸਤੇ ਭੀ ਉਸ ਦਾ ਧਿਆਨ ਧਰੀਏ, ਤਾਂ ਕ੍ਰੋੜਾਂ ਜਨਮ ਦੇ ਗੇੜ ਕੱਟੇ ਜਾਂਦੇ ਹਨ। ਸਾਰੇ ਜੀਵ ਉਸੇ ਦਾ ਆਰਾਧਨ ਕਰਦੇ ਹਨ। ਹੇ ਭਾਈ! ਗੁਰੂ ਨੂੰ ਮਿਲ ਕੇ, ਗੁਰੂ ਦਾ ਉਪਦੇਸ਼ ਲੈ ਕੇ ਉਸ ਪ੍ਰਭੂ ਨੂੰ ਮਿਲ ਸਕੀਦਾ ਹੈ।੧।

ਹੇ ਮਨ! ਜਿਸ ਮਨੁੱਖ ਨੇ ਉਸ ਪਰਮਾਤਮਾ ਦਾ ਆਸਰਾ ਲੈ ਲਿਆ, (ਮਾਇਆ ਦੇ ਮੋਹ ਦੇ) ਬੰਧਨਾਂ ਤੋਂ ਉਸ ਦੀ ਖਲਾਸੀ ਹੋ ਗਈ। ਸਭ ਤੋਂ ਉੱਚੇ ਸੁਖ ਦੇ ਮਾਲਕ ਪ੍ਰਭੂ ਨੂੰ ਹਿਰਦੇ ਵਿਚ ਜਪ ਕੇ ਮਨ ਵਿਚ ਖ਼ੁਸ਼ੀਆਂ ਹੀ ਖ਼ੁਸ਼ੀਆਂ ਬਣ ਜਾਂਦੀਆਂ ਹਨ।੨।

ਹੇ ਭਾਈ ! ਪਰਮਾਤਮਾ ਦਾ ਆਸਰਾ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾਣ ਲਈ ਜਹਾਜ਼ ਹੈ। ਪ੍ਰਭੂ ਦੇ ਚਰਨਾਂ ਦੀ ਓਟ ਆਤਮਕ ਜੀਵਨ ਦੇਣ ਵਾਲੀ ਹੈ। ਪਰਮਾਤਮਾ ਸੰਤ ਜਨਾਂ ਦੀ ਜਿੰਦ ਦਾ ਆਸਰਾ ਹੈ, ਉਹ ਸਭਨਾਂ ਤੋਂ ਉੱਚਾ ਤੇ ਬੇਅੰਤ ਹੈ। ੩।

ਹੇ ਭਾਈ ! ਉਹ ਮਤਿ ਗ੍ਰਹਿਣ ਕਰ, ਜਿਸ ਦੀ ਰਾਹੀਂ ਪਰਮਾਤਮਾ ਦਾ ਸਿਮਰਨ ਕੀਤਾ ਜਾ ਸਕੇ, (ਪਰ ਉਹੀ ਮਨੁੱਖ ਅਜਿਹੀ ਮਤਿ ਗ੍ਰਹਿਣ ਕਰਦਾ ਹੈ) ਜਿਸ ਨੂੰ ਪ੍ਰਭੂ ਕਿਰਪਾ ਕਰ ਕੇ ਆਪ ਹੀ ਦੇਂਦਾ ਹੈ। ਪਰਮਾਤਮਾ ਦਾ ਨਾਮ ਸੁਖ ਆਤਮਕ ਅਡੋਲਤਾ ਤੇ ਆਨੰਦ (ਦਾ ਸੋਮਾ ਹੈ)। ਨੇ ਨਾਨਕ ! (ਜਿਸ ਨੇ) ਇਹ ਨਾਮ(ਜਪਿਆ ਹੈ) ਗੁਰੂ ਨੂੰ ਮਿਲ ਕੇ ਹੀ ਜਪਿਆ ਹੈ। ੪। ੨੭। ੩੮।

ਰਾਮਕਲੀ ਮਹਲਾ ੫॥ ਸਗਲ ਸਿਆਨਪ ਛਾਡਿ ॥ ਕਰਿ ਸੇਵਾ ਸੇਵਕ ਸਾਜਿ ॥ ਅਪਨਾ ਆਪੁ ਸਗਲ ਮਿਟਾਇ ॥ ਮਨ ਚਿੰਦੇ ਸੇਈ ਫਲ ਪਾਇ ॥੧॥ ਹੋਹੁ ਸਾਵਧਾਨ ਅਪੁਨੇ ਗੁਰ ਸਿਉ ॥ ਆਸਾ ਮਨਸਾ ਪੂਰਨ ਹੋਵੈ ਪਾਵਹਿ ਸਗਲ ਨਿਧਾਨ ਗੁਰ ਸਿਉ ॥ ੧ ॥ ਰਹਾਉ ॥ ਦੂਜਾ ਨਹੀ ਜਾਨੈ ਕੋਇ॥ਸਤਗੁਰੁ ਨਿਰੰਜਨੁ ਸੋਇ ॥ ਮਾਨੁਖ ਕਾ ਕਰਿ ਰੂਪੁ ਨ ਜਾਨੁ ॥ ਮਿਲੀ ਨਿਮਾਨੇ ਮਾਨੁ ॥ ੨ ॥ ਗੁਰ ਕੀ ਹਰਿ ਟੇਕ ਟਿਕਾਇ ॥ ਅਵਰ ਆਸਾ ਸਭ ਲਾਹਿ ॥ ਹਰਿ ਕਾ ਨਾਮੁ ਮਾਗੁ ਨਿਧਾਨ॥ਤਾਂ ਦਰਗਹ ਪਾਵਹਿ ਮਾਨੁ ॥੩॥ ਗੁਰ ਕਾ ਬਚਨੁ ਜਪਿ ਮੰਤੁ ॥ ਏਹਾ ਭਗਤਿ ਸਾਰ ਤਤੁ ॥ ਸਤਿਗੁਰ ਭਏ ਦਇਆਲ ॥ ਨਾਨਕ ਦਾਸ ਨਿਹਾਲ ॥੪॥੨੮॥੩੯॥

[ਪੰਨਾ ੮੯੫]

ਪਦ ਅਰਥ :—ਸਗਲ ਸਿਆਨਪ—ਸਾਰੀਆਂ ਚਤੁਰਾਈਆਂ, ਇਹੋ ਜਿਹੇ ਖ਼ਿਆਲ ਕਿ ਤੂੰ ਬੜਾ ਸਿਆਣਾ ਹੈਂ। ਸੇਵਕ ਸਾਜਿ—ਸੇਵਕ ਦੀ ਮਰਯਾਦਾ ਨਾਲ, ਸੇਵਕ ਬਣ ਕੇ। ਆਪੁ—ਆਪਾ-ਭਾਵ। ਮਨ ਚਿੰਦੇ—ਮਨ ਦੇ ਚਿਤਵੇ ਹੋਏ। ਪਾਇ—ਪਾਂਦਾ ਹੈ। ੧।

ਸਾਵਧਾਨ—ਸ-ਅਵਧਾਨ, ਅਵਧਾਨ ਸਹਿਤ, ਧਿਆਨ ਸਹਿਤ। ਗੁਰ ਸਿਉ—ਗੁਰੂ ਨਾਲ। ਮਨਸਾ—ਮਨ ਦਾ ਫੁਰਨਾ। ਪਾਵਹਿ—ਤੂੰ ਪ੍ਰਾਪਤ ਕਰੇਂਗਾ। ਨਿਧਾਨ—ਖ਼ਜ਼ਾਨੇ। ੧। ਰਹਾਉ।

ਜਾਨੈ—ਜਾਣਦਾ। ਨਿਰੰਜਨੁ—[ਨਿਰ-ਅੰਜਨੁ] ਮਾਇਆ-ਰਹਿਤ ਪ੍ਰਭੂ ਨੂੰ। ਨ ਜਾਨੁ—ਨਾਂਹ ਸਮਝ। ਮਿਲੀ—ਮਿਲਦਾ ਹੈ। ਮਾਨ—ਆਦਰ। ੨।

ਟੇਕ—ਆਸਰਾ। ਟੇਕ ਟਿਕਾਇ—ਆਸਰਾ ਲੈ। ਲਾਹਿ—ਦੂਰ ਕਰ ਦੇ। ਮਾਗੁ—ਮੰਗ। ਨਿਧਾਨੁ—ਖ਼ਜ਼ਾਨਾ। ੩।

ਮੰਤੁ—ਮੰਤਰ,ਉਪਦੇਸ਼। ਜਪਿ—ਜਪਿਆ ਕਰ।ਸਾਰ—ਸ੍ਰੇਸ਼ਟ। ਤਤੁ—ਅਸਲੀਅਤ।

ਨਿਹਾਲ–ਪ੍ਰਸੰਨ, ਚੜ੍ਹਦੀ ਕਲਾ ਵਾਲੇ।

ਅਰਥ :–ਹੇ ਭਾਈ ! ਆਪਣੇ ਗੁਰੂ ਦੇ ਉਪਦੇਸ਼ ਵਲ, ਪੂਰਾ ਧਿਆਨ ਰੱਖਿਆ ਕਰ, ਤੇਰੀ (ਹਰੇਕ) ਆਸ ਪੂਰੀ ਹੋ ਜਾਇਗੀ, ਤੇਰਾ (ਹਰੇਕ) ਮਨ ਦਾ ਫੁਰਨਾ ਪੂਰਾ ਹੋ ਜਾਇਗਾ। ਆਪਣੇ ਗੁਰੂ ਪਾਸੋਂ ਤੂੰ ਸਾਰੇ ਖ਼ਜ਼ਾਨੇ ਹਾਸਲ ਕਰ ਲਏਂਗਾ।੧। ਰਹਾਉ।

ਹੇ ਭਾਈ ! ਇਹੋ ਜਿਹੇ ਸਾਰੇ ਖ਼ਿਆਲ ਛੱਡ ਦੇਹ ਕਿ (ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ) ਤੂੰ ਬੜਾ ਸਿਆਣਾ ਹੈਂ, ਸੇਵਕ ਵਾਲੀ ਭਾਵਨਾ ਨਾਲ (ਗੁਰੂ ਦੇ ਦਰ ਤੇ) ਸੇਵਾ ਕਰਿਆ ਕਰ। (ਜਿਹੜਾ ਮਨੁੱਖ ਗੁਰੂ ਦੇ ਦਰ ਤੇ) ਆਪਣਾ ਸਾਰਾ ਆਪ-ਭਾਵ ਮਿਟਾ ਦੇਂਦਾ ਹੈ, ਉਹੀ ਮਨ ਦੇ ਚਿਤਵੇ ਹੋਏ ਫਲ਼ ਪ੍ਰਾਪਤ ਕਰਦਾ ਹੈ।੧।

ਹੇ ਭਾਈ ! ਗੁਰੂ ਉਸ ਮਾਇਆ-ਰਹਿਤ ਨਿਰਲੇਪ ਪ੍ਰਭੂ ਨੂੰ ਹੀ(ਹਰ ਥਾਂ) ਜਾਣਦਾ ਹੈ, ਪ੍ਰਭੂ ਤੋਂ ਬਿਨਾ ਕਿਸੇ ਹੋਰ ਨੂੰ (ਵੱਖਰੀ ਹਸਤੀ) ਨਹੀਂ ਜਾਣਦਾ, (ਇਸ ਵਾਸਤੇ ਗੁਰੂ ਨੂੰ) ਨਿਰਾ ਮਨੁੱਖ ਦਾ ਰੂਪ ਹੀ ਨਾਂਹ ਸਮਝ ਰੱਖ। (ਗੁਰੂ ਦੇ ਦਰ ਤੋਂ ਉਸੇ ਮਨੁੱਖ ਨੂੰ) ਆਦਰ ਮਿਲਦਾ ਹੈ ਜੋ (ਆਪਣੀ ਸਿਆਣਪ ਦਾ) ਅਹੰਕਾਰ ਛੱਡ ਦੇਂਦਾ ਹੈ।੨।

ਹੇ ਭਾਈ ! ਪ੍ਰਭੂ ਦੇ ਰੂਪ ਗੁਰੂ ਦਾ ਹੀ ਆਸਰਾ-ਪਰਨਾ ਫੜ, ਹੋਰ (ਆਸਰਿਆਂ ਦੀਆਂ) ਸਭ ਆਸਾਂ (ਮਨ ਵਿਚੋਂ) ਦੂਰ ਕਰ ਦੇਹ। (ਗੁਰੂ ਦੇ ਦਰ ਤੋਂ ਹੀ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਮੰਗਿਆ ਕਰ, ਤਦੋਂ ਹੀ ਤੂੰ ਪ੍ਰਭੂ ਦੀ ਹਜ਼ੂਰੀ ਵਿਚ ਆਦਰ-ਸਤਕਾਰ ਪ੍ਰਾਪਤ ਕਰੇਂਗਾ।੩।

ਹੇ ਭਾਈ ! ਗੁਰੂ ਦਾ ਬਚਨ ਗੁਰੂ ਦਾ ਸ਼ਬਦ-ਮੰਤ੍ਰ (ਸਦਾ) ਜਪਿਆ ਕਰ, ਇਹੀ ਵਧੀਆ ਭਗਤੀ ਹੈ, ਇਹੀ ਹੈ ਭਗਤੀ ਦੀ ਅਸਲੀਅਤ। ਹੇ ਨਾਨਕ ! ਜਿਨ੍ਹਾਂ ਮਨੁੱਖਾਂ ਉਤੇ ਸਤਿਗੁਰੂ ਜੀ ਦਇਆਵਾਨ ਹੁੰਦੇ ਹਨ, ਉਹ ਦਾਸ ਸਦਾ ਚੜ੍ਹਦੀ ਕਲਾ ਵਿਚ ਰਹਿੰਦੇ ਹਨ।੪।੨੮।੩੯।

ਰਾਮਕਲੀ ਮਹਲਾ ੫॥ ਹੋਵੈ ਸੋਈ ਭਲ ਮਾਨੁ ॥ ਆਪਨਾ ਤਜਿ ਅਭਿਮਾਨੁ ॥ ਦਿਨੁ ਰੈਨਿ ਸਦਾ ਗੁਨ ਗਾਉ ॥ ਪੂਰਨ ਏਹੀ ਸੁਆਉ ॥ ੧ ॥ ਆਨੰਦ ਕਰਿ ਸੰਤ ਹਰਿ ਜਪਿ ॥ ਛਾਡਿ ਸਿਆਨਪ ਬਹੁ ਚਤੁਰਾਈ ਗੁਰ ਕਾ ਜਪਿ ਮੰਤੁ ਨਿਰਮਲ ॥੧॥ ਰਹਾਉ ॥ ਏਕ ਕੀ ਕਰਿ ਆਸ ਭੀਤਰਿ ॥ ਨਿਰਮਲ ਜਪਿ ਨਾਮੁ ਹਰਿ ਹਰਿ ॥ ਗੁਰ ਕੇ ਚਰਨ ਨਮਸਕਾਰਿ ॥ ਭਵਜਲੁ ਉਤਰਹਿ ਪਾਰਿ ॥੨॥ ਦੇਵਨਹਾਰ ਦਾਤਾਰ ॥ ਅੰਤੁ ਨ ਪਾਰਾਵਾਰ ॥ ਜਾ ਕੈ ਘਰਿ ਸਰਬ ਨਿਧਾਨ ॥ ਰਾਖਨਹਾਰ ਨਿਦਾਨ ॥੩॥ ਨਾਨਕ

ਪਾਇਆ ਏਹੁ ਨਿਧਾਨ ॥ ਹਰੇ ਹਰਿ ਨਿਰਮਲ ਨਾਮਿ ॥ ਜੋ ਜਪੈ ਤਿਸ ਕੀ ਗਤਿ ਹੋਇ ॥ ਨਾਨਕ ਕਰਮਿ ਪਰਾਪਤਿ ਹੋਇ॥੪॥੨੯॥੪੦॥[ਪੰਨਾ ੯੯੫]

ਪਦ ਅਰਥ :—ਹੋਵੈ—ਜੋ ਕੁਝ ਪ੍ਰਭੂ ਦੀ ਰਜ਼ਾ ਅਨੁਸਾਰ ਹੋ ਰਿਹਾ ਹੈ। ਸੋਈ—ਉਸੇ ਨੂੰ। ਭਲ—ਭਲਾ, ਚੰਗਾ। ਮਾਨੁ—ਮੰਨ। ਤਜਿ—ਛੱਡ। ਰੈਨਿ—ਰਾਤ। ਗਾਉ—ਗਾਂਦਾ ਰਹੁ। ਸੁਆਉ—ਜੀਵਨ-ਮਨੋਰਥ। ਪੂਰਨ—ਮੁਕੰਮਲ, ਠੀਕ। ੧।

ਸੰਤ ਹਰਿ ਜਪਿ—ਸੰਤ-ਪ੍ਰਭੂ ਦਾ ਨਾਮ ਜਪਦਾ ਰਹੁ। ਮੰਤ—ਮੰਤਰ, ਸ਼ਬਦ। ਨਿਰਮਲ—ਪਵਿੱਤਰ। ੧। ਰਹਾਉ।

ਭੀਤਰਿ—ਆਪਣੇ ਅੰਦਰ। ਨਮਸਕਾਰਿ—ਸਿਰ ਨਿਵਾਇਆ ਕਰ। ਭਵਜਲੁ—ਸੰਸਾਰ-ਸਮੁੰਦਰ। ੨।

ਦੇਵਨਹਾਰ—ਸਭ ਕੁਝ ਦੇਣ ਦੀ ਤਾਕਤ ਵਾਲਾ। ਪਾਰਾਵਾਰ—ਪਾਰ-ਅਵਾਰ, ਪਾਰਲਾ ਉਰਲਾ ਬੰਨਾ। ਜਾ ਕੈ ਘਰਿ—ਜਿਸ (ਪ੍ਰਭੂ) ਦੇ ਘਰ ਵਿਚ। ਸਰਬ—ਸਾਰੇ। ਨਿਦਾਨ—ਆਖ਼ਰ ਨੂੰ,ਜਦੋਂ ਹੋਰ ਸਾਰੀਆਂ ਆਸਾਂ ਮੁੱਕ ਜਾਣ। ੩।

ਜੋ—ਜਿਹੜਾ ਮਨੁੱਖ। ਤਿਸ ਕੀ—[ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ]। ਗਤਿ—ਉੱਚੀ ਆਤਮਕ ਅਵਸਥਾ। ਕਰਮਿ—(ਪ੍ਰਭੂ ਦੀ)ਬਖ਼ਸ਼ਸ਼ ਦੀ ਰਾਹੀਂ। ੪।

ਅਰਥ :—ਹੇ ਭਾਈ। ਇਹ ਖ਼ਿਆਲ ਛੱਡ ਦੇਹ ਕਿ ਗੁਰੂ ਦੀ ਅਗਵਾਈ ਤੋਂ ਬਿਨਾ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਲਈ ਤੂੰ ਬੜਾ ਸਿਆਣਾ ਤੇ ਚਤੁਰ ਹੈਂ। ਗੁਰੂ ਦਾ ਪਵਿੱਤਰ ਸ਼ਬਦ-ਮੰਤ੍ਰ ਜਪਿਆ ਕਰ, (ਸ਼ਾਂਤੀ ਦੇ ਸੋਮੇ) ਸੰਤ-ਹਰੀ ਦਾ ਨਾਮ ਜਪਿਆ ਕਰ ਤੇ (ਇਸ ਤਰ੍ਹਾਂ) ਆਤਮਕ ਆਨੰਦ (ਸਦਾ) ਮਾਣ। ੧। ਰਹਾਉ।

ਹੇ ਭਾਈ ! ਜੋ ਕੁਝ ਪ੍ਰਭੂ ਦੀ ਰਜ਼ਾ ਵਿਚ ਹੋ ਰਿਹਾ ਹੈ ਉਸੇ ਨੂੰ ਭਲਾ ਮੰਨ,ਆਪਣਾ (ਸਿਆਣਪ ਦਾ) ਮਾਣ ਛੱਡ ਦੇਹ। ਦਿਨ ਰਾਤ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦਾ ਰਹੁ; ਬੱਸ ! ਇਹੀ ਹੈ ਠੀਕ ਜੀਵਨ-ਮਨੋਰਥ। ੧।

ਹੇ ਭਾਈ ! ਇਕ ਪਰਮਾਤਮਾ ਦੀ (ਸਹਾਇਤਾ ਦੀ) ਆਸ ਆਪਣੇ ਮਨ ਵਿਚ ਟਿਕਾਈ ਰੱਖ, ਪਰਮਾਤਮਾ ਦਾ ਪਵਿੱਤਰ ਨਾਮ ਸਦਾ ਜਪਦਾ ਰਹੁ; ਗੁਰੂ ਦੇ ਚਰਨਾਂ ਉਤੇ ਆਪਣਾ ਸਿਰ ਨਿਵਾਈ ਰੱਖ, (ਇਸ ਤਰ੍ਹਾਂ) ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿੰਗਾ। ੨।

(ਹੇ ਭਾਈ ! ਇਹ ਯਾਦ ਰੱਖ ਕਿ) ਦਾਤਾਂ ਦੇਣ ਵਾਲਾ ਪ੍ਰਭੂ (ਸਭ ਕੁਝ) ਦੇਣ ਦੇ ਸਮਰੱਥ ਹੈ, ਉਸ ਦਾ ਅੰਤ ਨਹੀਂ ਪੈ ਸਕਦਾ, ਉਸ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ। ਹੇ ਭਾਈ ! ਜਿਸ ਪ੍ਰਭੂ ਦੇ ਘਰ ਵਿਚ ਸਾਰੇ ਖ਼ਜ਼ਾਨੇ ਮੌਜੂਦ ਹਨ, ਉਹੀ

ਆਖ਼ਰ ਰੱਖਿਆ ਕਰਨ ਜੋਗਾ ਹੈ। ੩।

ਹੇ ਭਾਈ !ਜਿਸ ਮਨੁੱਖ ਨੇ ਪਰਮਾਤਮਾ ਦੇ ਪਵਿੱਤਰ ਨਾਮ ਦਾ ਇਹ ਖ਼ਜ਼ਾਨਾ ਲੱਭ ਲਿਆ, ਜੋ ਮਨੁੱਖ ਇਸ ਨਾਮ ਨੂੰ (ਸਦਾ) ਜਪਦਾ ਹੈ ਉਸ ਦੀ ਉੱਚੀ ਆਤਮਕ ਅਵਸਥਾ ਬਣ ਜਾਂਦੀ ਹੈ। ਪਰ, ਹੇ ਨਾਨਕ ! ਇਹ ਨਾਮ-ਖ਼ਜ਼ਾਨਾ ਪਰਮਾਤਮਾ ਦੀ ਮਿਹਰ ਨਾਲ ਹੀ ਮਿਲਦਾ ਹੈ। ੪। ੨੯। ੪੦।

ਰਾਮਕਲੀ ਮਹਲਾ ੫ ।। ਦੁਲਭ ਦੇਹ ਸਵਾਰਿ ।। ਜਾਹਿ ਨ ਦਰਗਹ ਹਾਰਿ ॥ ਹਲਤਿ ਪਲਤਿ ਤੁਧੁ ਹੋਇ ਵਡਿਆਈ ।। ਅੰਤ ਕੀ ਬੇਲਾ ਲਏ ਛਡਾਈ ।। ੧ ।। ਰਾਮ ਕੇ ਗੁਨ ਗਾਉ ।। ਹਲਤੁ ਪਲਤੁ ਹੋਹਿ ਦੋਵੈ ਸੁਹੇਲੇ ਅਚਰਜ ਪੁਰਖੁ ਧਿਆਉ ।। ੧ ।। ਰਹਾਉ ।। ਊਠਤ ਬੈਠਤ ਹਰਿ ਜਾਪੁ ।। ਬਿਨਸੈ ਸਗਲ ਸੰਤਾਪੁ ।। ਬੈਰੀ ਸਭਿ ਹੋਵਹਿ ਮੀਤ ।। ਨਿਰਮਲੁ ਤੇਰਾ ਹੋਵੈ ਚੀਤ ॥੨॥ ਸਭ ਤੇ ਊਤਮ ਇਹੁ ਕਰਮੁ ॥ ਸਗਲ ਧਰਮ ਮਹਿ ਸ੍ਰੇਸਟ ਧਰਮੁ॥ ਹਰਿ ਸਿਮਰਨਿ ਤੇਰਾ ਹੋਇ ਉਧਾਰ ।। ਜਨਮ ਜਨਮ ਕਾ ਉਤਰੈ ਭਾਰੁ ॥ ੩॥ ਪੂਰਨ ਤੇਰੀ ਹੋਵੈ ਆਸ ॥ ਜਮ ਕੀ ਕਟੀਐ ਤੇਰੀ ਫਾਸ ॥ ਗੁਰ ਕਾ ਉਪਦੇਸੁ ਸੁਨੀਜੈ ॥ ਨਾਨਕ ਸੁਖਿ ਸਹਜਿ ਸਮੀਜੈ ।।੪।।੩੦।।੪੧।। [ਪੰਨਾ ੮੯੫]

ਪਦ ਅਰਥ :–ਦੁਲਭ–ਦੁਰਲੱਭ, ਜੋ ਮੁਸ਼ਕਿਲ ਨਾਲ ਮਿਲੀ ਹੈ। ਦੇਹ–ਦੇਹੀ, ਸਰੀਰ। ਸਵਾਰਿ–ਸਵਾਰ ਲੈ, ਸਫਲ ਕਰ ਲੈ। ਹਾਰਿ–ਹਾਰ ਕੇ। ਹਲਤਿ–ਇਸ ਲੋਕ ਵਿਚ। ਪਲਤਿ–ਪਰਲੋਕ ਵਿਚ। ਬੇਲਾ–ਵੇਲੇ। ੧।

ਗਾਉ–ਗਾਂਦਾ ਰਹੁ। ਹਲਤੁ-ਇਹ ਲੋਕ। ਪਲਤੁ–ਪਰਲੋਕ। ਹੋਹਿ–ਹੋ ਜਾਣ। ਸੁਹੇਲੇ–ਸੌਖੇ। ਧਿਆਉ–ਧਿਆਇਆ ਕਰ, ਧਿਆਨ ਧਰਿਆ ਕਰ। ੧। ਰਹਾਉ।

ਜਾਪੁ–ਭਜਨ ਕਰ। ਸਗਲ–ਸਾਰਾ। ਸੰਤਾਪੁ–ਦੁੱਖ-ਕਲੇਸ਼। ਸਭਿ–ਸਾਰੇ। ਚੀਤ –ਚਿੱਤ। ੨।

ਤੇ–ਤੋਂ। ਸਿਮਰਨਿ–ਸਿਮਰਨ ਦੀ ਰਾਹੀਂ। ਉਧਾਰੁ–ਪਾਰ-ਉਤਾਰਾ। ੩।

ਕਟੀਐ–ਕੱਟੀ ਜਾਂਦੀ ਹੈ, ਕੱਟੀ ਜਾਇਗੀ। ਸੁਨੀਜੈ–ਸੁਣਨਾ ਚਾਹੀਦਾ ਹੈ। ਸੁਖਿ –ਸੁਖ ਵਿਚ। ਸਹਜਿ–ਆਤਮਕ ਅਡੋਲਤਾ ਵਿਚ। ਸਮੀਜੈ–ਟਿਕ ਜਾਈਦਾ ਹੈ।੪।

ਅਰਥ :–(ਹੇ ਭਾਈ !) ਪਰਮਾਤਮਾ ਦੇ ਗੁਣ ਗਾਇਆ ਕਰ, ਅਚਰਜ-ਰੂਪ ਅਕਾਲ ਪੁਰਖ ਦਾ ਧਿਆਨ ਧਰਿਆ ਕਰ, (ਇਸ ਤਰ੍ਹਾਂ ਤੇਰਾ) ਇਹ ਲੋਕ (ਅਤੇ ਤੇਰਾ) ਪਰਲੋਕ ਦੋਵੇਂ ਹੀ ਸੁਖੀ ਹੋ ਜਾਣਗੇ। ੧। ਰਹਾਉ।

(ਹੇ ਭਾਈ ! ਪਰਮਾਤਮਾ ਦੇ ਗੁਣ ਗਾ ਕੇ) ਇਸ ਮਨੁੱਖਾ ਸਰੀਰ ਨੂੰ ਸਫਲ ਕਰ ਲੈ

ਜੋ ਬੜੀ ਮੁਸ਼ਕਿਲ ਨਾਲ ਮਿਲਦਾ ਹੈ, (ਸਿਫ਼ਤਿ ਸਾਲਾਹ ਦੀ ਬਰਕਤਿ ਨਾਲ ਤੂੰ ਇਥੋਂ ਮਨੁੱਖਾ ਜਨਮ ਦੀ ਬਾਜੀ) ਹਾਰ ਕੇ ਦਰਗਾਹ ਵਿਚ ਨਹੀਂ ਜਾਹਿੰਗਾ; ਤੈਨੂੰ ਇਸ ਲੋਕ ਵਿਚ ਅਤੇ ਪਰਲੋਕ ਵਿਚ ਸੋਭਾ ਮਿਲੇਗੀ। (ਪਰਮਾਤਮਾ ਦੀ ਸਿਫ਼ਤਿ ਸਾਲਾਹ) ਤੈਨੂੰ ਅਖ਼ੀਰ ਦੇ ਵੇਲੇ ਭੀ (ਮਾਇਆ ਦੇ ਮੋਹ ਦੇ ਬੰਧਨਾਂ ਤੋਂ) ਛਡਾ ਲਏਗੀ। ੧।

(ਹੇ ਭਾਈ!) ਉਠਦਿਆਂ ਬੈਠਦਿਆਂ (ਹਰ ਵੇਲੇ) ਪਰਮਾਤਮਾ ਦਾ ਨਾਮ ਜਪਿਆ ਕਰ, (ਨਾਮ ਦੀ ਬਰਕਤਿ ਨਾਲ) ਸਾਰਾ ਦੁੱਖ-ਕਲੇਸ਼ ਮਿਟ ਜਾਂਦਾ ਹੈ। (ਨਾਮ ਜਪਿਆਂ ਤੇਰੇ) ਸਾਰੇ ਵੈਰੀ (ਤੇਰੇ) ਮਿੱਤਰ ਬਣ ਜਾਣਗੇ, ਤੇਰਾ ਆਪਣਾ ਮਨ (ਵੈਰ ਆਦਿਕ ਤੋਂ) ਪਵਿੱਤਰ ਹੋ ਜਾਇਗਾ। ੨।

(ਹੇ ਭਾਈ! ਪਰਮਾਤਮਾ ਦਾ ਨਾਮ ਸਿਮਰਨਾ ਹੀ) ਸਾਰੇ ਕੰਮਾਂ ਤੋਂ ਚੰਗਾ ਕੰਮ ਹੈ, ਸਾਰੇ ਧਰਮਾਂ ਵਿਚੋਂ ਇਹੀ ਵਧੀਆ ਧਰਮ ਹੈ। ਹੇ ਭਾਈ! ਪਰਮਾਤਮਾ ਦਾ ਸਿਮਰਨ ਕਰਨ ਨਾਲ ਤੇਰਾ ਪਾਰ-ਉਤਾਰਾ ਹੋ ਜਾਏਗਾ। (ਸਿਮਰਨ ਦੀ ਬਰਕਤਿ ਨਾਲ) ਅਨੇਕਾਂ ਜਨਮਾਂ (ਦੇ ਵਿਕਾਰਾਂ ਦੀ ਮੈਲ) ਦਾ ਭਾਰ ਲਹਿ ਜਾਂਦਾ ਹੈ। ੩।

(ਹੇ ਭਾਈ! ਸਿਮਰਨ ਕਰਦਿਆਂ) ਤੇਰੀ (ਹਰੇਕ) ਆਸ ਪੂਰੀ ਹੋ ਜਾਇਗੀ, ਤੇਰੀ ਜਮਾਂ ਵਾਲੀ ਫਾਹੀ (ਭੀ) ਕੱਟੀ ਜਾਇਗੀ। ਹੇ ਨਾਨਕ! (ਆਖ–ਹੇ ਭਾਈ!) ਗੁਰੂ ਦਾ (ਇਹ ਨਾਮ ਸਿਮਰਨ ਦਾ) ਉਪਦੇਸ਼ (ਸਦਾ) ਸੁਣਨਾ ਚਾਹੀਦਾ ਹੈ, (ਇਸ ਦੀ ਬਰਕਤਿ ਨਾਲ) ਆਤਮਕ ਸੁਖ ਵਿਚ ਆਤਮਕ ਅਡੋਲਤਾ ਵਿਚ ਟਿਕ ਜਾਈਦਾ ਹੈ।੪। ੩੦।੪੧।

ਰਾਮਕਲੀ ਮਹਲਾ੫॥ ਜਿਸ ਕੀ ਤਿਸ ਕੀ ਕਰਿ ਮਾਨੁ॥ ਆਪਨ ਲਾਹਿ ਗੁਮਾਨੁ ॥ ਜਿਸ ਕਾ ਤੂ ਤਿਸ ਕਾ ਸਭੁ ਕੋਇ ॥ ਤਿਸਹਿ ਅਰਾਧਿ ਸਦਾ ਸੁਖੁ ਹੋਇ ॥੧॥ ਕਾਹੇ ਭ੍ਰਮਿ ਭ੍ਰਮਹਿ ਬਿਗਾਨੇ ॥ ਨਾਮ ਬਿਨਾ ਕਿਛੁ ਕਾਮਿ ਨ ਆਵੈ ਮੇਰਾ ਮੇਰਾ ਕਰਿ ਬਹੁਤੁ ਪਛੁਤਾਨੇ ॥੧॥ ਰਹਾਉ ॥ ਜੋ ਜੋ ਕਰੈ ਸੋਈ ਮਾਨਿ ਲੇਹੁ॥ ਬਿਨੁ ਮਾਨੇ ਰਲਿ ਹੋਵਹਿ ਖੇਹ॥ ਤਿਸ ਕਾ ਭਾਣਾ ਲਾਗੈ ਮੀਠਾ ॥ ਗੁਰ ਪ੍ਰਸਾਦਿ ਵਿਰਲੇ ਮਨਿ ਵੂਠਾ ॥੨॥ ਵੇਪਰਵਾਹੁ ਅਗੋਚਰੁ ਆਪਿ ॥ ਆਠ ਪਹਰ ਮਨ ਤਾ ਕਉ ਜਾਪਿ॥ ਜਿਸੁ ਚਿਤਿ ਆਏ ਬਿਨਸਹਿ ਦੂਖਾ ॥ ਹਲਤਿ ਪਲਤਿ ਤੇਰਾ ਊਜਲ ਮੁਖਾ ॥੩॥ ਕਉਨ ਕਉਨ ਉਧਰੇ ਗੁਨ ਗਾਇ ॥ ਗਨਣੁ ਨ ਜਾਈ ਕੀਮ ਨ ਪਾਇ॥ ਬੂਡਤ ਲੋਹ ਸਾਧ ਸੰਗਿ ਤਰੈ ॥ ਨਾਨਕ ਜਿਸਹਿ ਪਰਾਪਤਿ ਕਰੈ ॥੪॥੩੧॥੪੨॥ [ਪੰਨਾ ੯੯੬]

ਪਦ ਅਰਥ :–ਤਿਸ ਕੀ, ਜਿਸ ਕੀ–[ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਜਿਸੁ'

ਅਤੇ 'ਤਿਸੁ' ਦਾ ੁ ਉੱਡ ਗਿਆ ਹੈ]। ਜਿਸ ਕੀ—ਜਿਸ ਕੀ ਦੇਹੀ, ਜਿਸ ਦਾ ਦਿੱਤਾ ਹੋਇਆ ਸਰੀਰ। ਕਰਿ—ਕਰ ਕੇ, ਸਮਝ ਕੇ। ਮਾਨੁ—ਮੰਨ, ਯਕੀਨ ਬਣਾ। ਗੁਮਾਨੁ—ਅਹੰਕਾਰ। ਲਾਹਿ—ਦੂਰ ਕਰ। ਸਭੁ ਕੋਇ—ਹਰੇਕ ਜੀਵ। ਅਰਾਧਿ—ਯਾਦ ਕਰਦਾ ਰਹੁ।੧।

ਕਾਹੇ—ਕਿਉਂ? ਭ੍ਰਮਿ—ਭਰਮ ਵਿਚ, ਭੁਲੇਖੇ ਵਿਚ। ਭ੍ਰਮਹਿ—ਤੂੰ ਭਟਕਦਾ ਹੈਂ। ਬਿਗਾਨੇ—ਹੇ ਓਪਰੇ ਬਣੇ ਹੋਏ! ਪਰਮਾਤਮਾ ਤੋਂ ਵਿਛੁੜੇ ਹੋਏ ਹੇ ਜੀਵ! ਕਾਮਿ—ਕੰਮ ਵਿਚ। ਪਛੁਤਾਨੇ—ਪਛੁਤਾਏ ਗਏ।੧। ਰਹਾਉ।

ਮਾਨਿ ਲੇਹੁ—ਮੰਨ ਲੈ, ਭਲਾ ਕਰਕੇ ਮੰਨ। ਰਲਿ—ਮਿਲ ਕੇ। ਭਾਣਾ—ਰਜ਼ਾ। ਪ੍ਰਸਾਦਿ—ਕਿਰਪਾ ਨਾਲ। ਮਨਿ—ਮਨ ਵਿਚ। ਵੂਠਾ—ਵੱਸਿਆ ਹੈ।੨।

ਵੇ ਪਰਵਾਹੁ—ਬੇ-ਮੁਥਾਜ। ਅਗੋਚਰੁ—[ਅ-ਗੋ-ਚਰ। ਗੋ—ਗਿਆਨ-ਇੰਦ੍ਰੇ। ਚਰ—ਪਹੁੰਚ] ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ। ਤਾ ਕਉ—ਉਸ (ਪ੍ਰਭੂ) ਨੂੰ। ਚਿਤਿ—ਚਿੱਤ ਵਿਚ। ਚਿਤਿ ਆਏ—ਚਿੱਤ ਵਿਚ ਵੱਸਿਆਂ। ਜਿਸੁ ਚਿਤਿ ਆਏ—ਜਿਸ (ਪ੍ਰਭੂ ਦੇ ਸਾਡੇ) ਚਿੱਤ ਵਿਚ ਵੱਸਿਆਂ, ਜੇ ਉਹ ਪ੍ਰਭੂ ਸਾਡੇ ਚਿੱਤ ਵਿਚ ਆ ਵੱਸੇ। ਹਲਤਿ—ਇਸ ਲੋਕ ਵਿਚ। ਪਲਤਿ—ਪਰਲੋਕ ਵਿਚ। ਊਜਲ—ਸਾਫ਼, ਬੇ-ਦਾਗ਼। ਮੁਖਾ—ਮੂੰਹ।੩।

ਉਧਰੇ—ਪਾਰ ਲੰਘ ਗਏ। ਗਾਇ—ਗਾ ਕੇ। ਗਨਣੁ ਨ ਜਾਈ—ਇਹ ਲੇਖਾ ਗਿਣਿਆ ਨਹੀਂ ਜਾ ਸਕਦਾ। ਕੀਮ—(ਗੁਣ ਗਾਣ ਦੀ) ਕੀਮਤ। ਬੂਡਤ—ਡੁੱਬਦਾ। ਲੋਹ—ਲੋਹਾ, ਕਠੋਰ-ਚਿੱਤ ਬੰਦਾ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ। ਤਰੈ—ਗਾਵਣ ਦਾ ਉੱਦਮ ਕਰਦਾ ਹੈ। ਜਿਸਹਿ ਪਰਾਪਤਿ—ਜਿਸ ਨੂੰ (ਇਹ ਦਾਤਿ) ਮਿਲਣੀ ਹੋਵੇ।੪।

ਅਰਥ :—ਹੇ ਪ੍ਰਭੂ ਤੋਂ ਵਿਛੁੜੇ ਹੋਏ ਜੀਵ! ਕਿਉਂ (ਅਪਣੱਤ ਦੇ) ਭੁਲੇਖੇ ਵਿਚ ਪੈ ਕੇ ਭਟਕ ਰਿਹਾ ਹੈਂ? ਪਰਮਾਤਮਾ ਦੇ ਨਾਮ ਤੋਂ ਬਿਨਾ (ਹੋਰ ਕੋਈ ਸ਼ੈ ਕਿਸੇ ਦੇ) ਕੰਮ ਨਹੀਂ ਆਉਂਦੀ। (ਇਹ) ਮੇਰਾ (ਸਰੀਰ ਹੈ, ਇਹ) ਮੇਰਾ (ਧਨ ਹੈ)—ਇਉਂ ਆਖ ਆਖ ਕੇ (ਅਨੇਕਾਂ ਹੀ ਜੀਵ) ਬਹੁਤ ਪਛੁਤਾਂਦੇ ਗਏ।੧। ਰਹਾਉ।

ਹੇ ਭਾਈ! ਜਿਸ ਪ੍ਰਭੂ ਦਾ ਦਿੱਤਾ ਹੋਇਆ (ਇਹ ਸਰੀਰ ਆਦਿਕ) ਹੈ, ਉਸੇ ਦਾ ਹੀ ਮੰਨ। (ਇਹ ਸਰੀਰ ਆਦਿਕ ਮੇਰਾ ਹੈ ਮੇਰਾ ਹੈ)ਆਪਣਾ(ਇਹ ਅਹੰਕਾਰ ਦੂਰ ਕਰ)। ਹਰੇਕ ਜੀਵ ਉਸੇ ਪ੍ਰਭੂ ਦਾ ਬਣਾਇਆ ਹੋਇਆ ਹੈ ਜਿਸ ਦਾ ਤੂੰ ਪੈਦਾ ਕੀਤਾ ਹੋਇਆ ਹੈਂ। ਉਸ ਪ੍ਰਭੂ ਦਾ ਸਿਮਰਨ ਕੀਤਿਆਂ ਸਦਾ ਆਤਮਕ ਸੁਖ ਮਿਲਦਾ ਹੈ।੧।

ਹੇ ਭਾਈ ! ਪਰਮਾਤਮਾ ਜੋ ਕੁਝ ਕਰਦਾ ਹੈ ਉਸੇ ਨੂੰ ਠੀਕ ਮੰਨਿਆ ਕਰ। (ਰਜ਼ਾ ਨੂੰ) ਮੰਨਣ ਤੋਂ ਬਿਨਾ (ਮਿੱਟੀ ਵਿਚ) ਮਿਲ ਕੇ ਮਿੱਟੀ ਹੋ ਜਾਹਿੰਗਾ। ਹੇ ਭਾਈ ! ਜਿਸ ਕਿਸੇ ਵਿਰਲੇ ਬੰਦੇ ਨੂੰ ਪਰਮਾਤਮਾ ਦੀ ਰਜ਼ਾ ਮਿੱਠੀ ਲੱਗਦੀ ਹੈ ਗੁਰੂ ਦੀ ਕਿਰਪਾ ਨਾਲ ਉਸ ਦੇ ਮਨ ਵਿਚ ਪਰਮਾਤਮਾ ਆਪ ਆ ਵੱਸਦਾ ਹੈ। ੨।

ਹੇ ਮਨ ! ਜਿਸ ਪਰਮਾਤਮਾ ਨੂੰ ਕਿਸੇ ਦੀ ਮੁਥਾਜੀ ਨਹੀਂ, ਜੀਵ ਦੇ ਗਿਆਨ-ਇੰਦ੍ਰਿਆਂ ਦੀ ਜਿਸ ਤਕ ਪਹੁੰਚ ਨਹੀਂ ਹੋ ਸਕਦੀ, ਹੇ ਮਨ ! ਅੱਠੇ ਪਹਰ ਉਸ ਨੂੰ ਜਪਿਆ ਕਰ। ਜੇ ਉਹ ਪਰਮਾਤਮਾ (ਤੇਰੇ) ਚਿੱਤ ਵਿਚ ਆ ਵੱਸੇ, ਤਾਂ ਤੇਰੇ ਸਾਰੇ ਦੁੱਖ ਨਾਸ ਹੋ ਜਾਣਗੇ, ਇਸ ਲੋਕ ਵਿਚ ਅਤੇ ਪਰਲੋਕ ਵਿਚ ਤੇਰਾ ਮੂੰਹ ਉਜਲਾ ਰਹੇਗਾ। ੩।

ਹੇ ਭਾਈ ! ਇਸ ਗੱਲ ਦਾ ਲੇਖਾ ਨਹੀਂ ਕੀਤਾ ਜਾ ਸਕਦਾ ਕਿ ਪਰਮਾਤਮਾ ਦੇ ਗੁਣ ਗਾ ਗਾ ਕੇ ਕੌਣ ਕੌਣ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ। ਪਰਮਾਤਮਾ ਦੇ ਗੁਣ ਗਾਣ ਦਾ ਮੁੱਲ ਨਹੀਂ ਪੈ ਸਕਦਾ। ਲੋਹੇ ਵਰਗਾ ਕਠੋਰ-ਚਿੱਤ ਬੰਦਾ ਭੀ ਗੁਰੂ ਦੀ ਸੰਗਤਿ ਵਿਚ ਰਹਿ ਕੇ ਪਾਰ ਲੰਘ ਜਾਂਦਾ ਹੈ। ਪਰ, ਹੇ ਨਾਨਕ ! (ਗੁਣ ਗਾਣ ਦਾ ਉੱਦਮ ਉਹੀ ਮਨੁੱਖ) ਕਰਦਾ ਹੈ ਜਿਸ ਨੂੰ ਧੁਰੋਂ ਇਹ ਦਾਤਿ ਪ੍ਰਾਪਤ ਹੋਵੇ। ੪। ੩੧ । ੪੨।

ਰਾਮਕਲੀ ਮਹਲਾ ੫ ॥ ਮਨ ਮਾਹਿ ਜਾਪਿ ਭਗਵੰਤੁ ॥ ਗੁਰਿ ਪੂਰੈ ਇਹੁ ਦੀਨੋ ਮੰਤੁ ॥ ਮਿਟੇ ਸਗਲ ਭੈ ਤ੍ਰਾਸ ॥ ਪੂਰਨ ਹੋਈ ਆਸ ॥ ੧ ॥ ਸਫਲ ਸੇਵਾ ਗੁਰਦੇਵਾ॥ ਕੀਮਤਿ ਕਿਛੁ ਕਹਣੁ ਨ ਜਾਈ ਸਾਚੇ ਸਚੁ ਅਲਖ ਅਭੇਵਾ ॥੧॥ ਰਹਾਉ ॥ ਕਰਨ ਕਰਾਵਨ ਆਪਿ ॥ ਤਿਸ ਕਉ ਸਦਾ ਮਨ ਜਾਪਿ ॥ ਤਿਸ ਕੀ ਸੇਵਾ ਕਰਿ ਨੀਤ ॥ ਸਚੁ ਸਹਜੁ ਸੁਖੁ ਪਾਵਹਿ ਮੀਤ ॥ ੨ ॥ ਸਾਹਿਬੁ ਮੇਰਾ ਅਤਿ ਭਾਰਾ ॥ ਖਿਨ ਮਹਿ ਥਾਪਿ ਉਥਾਪਨਹਾਰਾ ॥ ਤਿਸੁ ਬਿਨੁ ਅਵਰੁ ਨ ਕੋਈ ॥ ਜਨ ਕਾ ਰਾਖਾ ਸੋਈ ॥ ੩ ॥ ਕਰਿ ਕਿਰਪਾ ਅਰਦਾਸਿ ਸੁਣੀਜੈ ॥ ਅਪਣੇ ਸੇਵਕ ਕਉ ਦਰਸਨੁ ਦੀਜੈ ॥ ਨਾਨਕ ਜਾਪੀ ਜਪੁ ਜਾਪੁ ॥ ਸਭ ਤੇ ਊਚ ਜਾ ਕਾ ਪਰਤਾਪੁ ॥੪॥੩੨॥੪੩॥ [ਪੰਨਾ ੯੯੬]

ਪਦ ਅਰਥ :—ਜਾਪਿ—ਜਪਿਆ ਕਰ। ਭਗਵੰਤੁ—ਭਗਵਾਨ (ਦਾ ਨਾਮ)। ਗੁਰਿ ਪੂਰੈ—ਪੂਰੇ ਗੁਰੂ ਨੇ। ਮੰਤੁ—ਉਪਦੇਸ਼। ਭੈ—[ਲਫ਼ਜ਼ 'ਭਉ' ਤੋਂ ਬਹੁ ਵਚਨ]। ਤ੍ਰਾਸ—ਡਰ, ਸਹਮ। ੧।

ਗੁਰਦੇਵਾ—ਸਭ ਤੋਂ ਵਡਾ ਦੇਵਤਾ, ਪ੍ਰਭੂ। ਸਚੁ—ਸਦਾ ਕਾਇਮ ਰਹਿਣ ਵਾਲਾ। ਸਾਚੇ ਕੀਮਤਿ—ਸਦਾ ਕਾਇਮ ਰਹਿਣ ਵਾਲੇ ਦੀ ਕੀਮਤ। ਅਲਖ—ਜਿਸ ਦੇ ਸਰੂਪ ਦਾ

ਸਹੀ ਬਿਆਨ ਨਾਂਹ ਹੋ ਸਕੇ। ਅਭੇਵਾ—ਜਿਸ ਦਾ ਭੇਤ ਨ ਪੈ ਸਕੇ। ੧। ਰਹਾਉ।

ਜਿਸ ਕਉ—[ਸੰਬੰਧਕ 'ਕਉ' ਦੇ ਕਾਰਨ ਲਫ਼ਜ਼ 'ਤਿਸ' ਦਾ ੁ ਉੱਡ ਗਿਆ ਹੈ]। ਮਨ—ਹੇ ਮਨ ! ਨੀਤ—ਨਿੱਤ। ਸਚੁ ਸੁਖੁ—ਅਟੱਲ ਸੁਖ। ਸਹਜ—ਆਤਮਕ ਅਡੋਲਤਾ। ਮੀਤ—ਹੇ ਮਿੱਤਰ ! ੨।

ਸਾਹਿਬੁ—ਮਾਲਕ। ਅਤਿ ਭਾਰਾ—ਬਹੁਤ ਗੰਭੀਰ। ਥਾਪਿ—ਪੈਦਾ ਕਰ ਕੇ। ਉਥਾਪਨਹਾਰਾ—ਨਾਸ ਕਰਨ ਵਾਲਾ। ਜਨ—ਦਾਸ, ਸੇਵਕ। ੩।

ਕਰਿ—ਕਰ ਕੇ। ਸੁਣੀਜੈ—ਮਿਹਰ ਕਰ ਕੇ ਸੁਣੋ ਜੀ। ਕਉ—ਨੂੰ। ਦੀਜੈ—ਦਿਹੁ ਜੀ। ਜਾਪੀ—ਜਾਪੀਂ, ਮੈਂ ਜਪਦਾ ਰਹਾਂ। ਜਾ ਕਾ—ਜਿਸ (ਪਰਮਾਤਮਾ) ਦਾ। ਪਰਤਾਪੁ—ਤੇਜ, ਬਲ। ੪।

ਅਰਥ :—ਹੇ ਭਾਈ ! ਸਭ ਤੋਂ ਵੱਡੇ ਦੇਵਤੇ ਪ੍ਰਭੂ ਦੀ ਭਗਤੀ-ਸੇਵਾ (ਜ਼ਰੂਰ) ਫਲ ਦੇਣ ਵਾਲੀ ਹੈ। ਉਹ ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ। ਉਸ ਸਦਾ-ਥਿਰ ਅਲੱਖ ਤੇ ਅਭੇਵ ਪ੍ਰਭੂ ਦਾ ਰਤਾ ਭਰ ਭੀ ਮੁੱਲ ਦੱਸਿਆ ਨਹੀਂ ਜਾ ਸਕਦਾ। ੧। ਰਹਾਉ।

ਹੇ ਭਾਈ ! ਪੂਰੇ ਗੁਰੂ ਨੇ (ਜਿਸ ਮਨੁੱਖ ਨੂੰ) ਇਹ ਉਪਦੇਸ਼ ਦਿੱਤਾ ਕਿ ਆਪਣੇ ਮਨ ਵਿਚ ਭਗਵਾਨ ਦਾ ਨਾਮ ਜਪਿਆ ਕਰ, ਉਸ ਮਨੁੱਖ ਦੇ ਸਾਰੇ ਡਰ ਸਹਿਮ ਮਿਟ ਜਾਂਦੇ ਹਨ, ਉਸ ਦੀ ਹਰੇਕ ਆਸ ਪੂਰੀ ਹੋ ਜਾਂਦੀ ਹੈ। ੧।

ਹੇ (ਮੇਰੇ) ਮਨ ! ਜਿਹੜਾ ਪ੍ਰਭੂ ਆਪ ਸਭ ਕੁਝ ਕਰਨ-ਜੋਗਾ ਤੇ ਹੋਰਨਾਂ ਪਾਸੋਂ ਕਰਾ ਸਕਦਾ ਹੈ, ਉਸ ਨੂੰ ਸਦਾ ਸਿਮਰਿਆ ਕਰ। ਹੇ ਮਿੱਤਰ ! ਉਸ ਪ੍ਰਭੂ ਦੀ ਸਦਾ ਸੇਵਾ-ਭਗਤੀ ਕਰਿਆ ਕਰ, ਤੂੰ ਅਟੱਲ ਸੁਖ ਮਾਣੇਂਗਾ, ਤੂੰ ਆਤਮਕ ਅਡੋਲਤਾ ਹਾਸਲ ਕਰ ਲਏਂਗਾ। ੨।

ਹੇ ਭਾਈ ! ਮੇਰਾ ਮਾਲਕ-ਪ੍ਰਭੂ ਬਹੁਤ ਗੰਭੀਰ ਹੈ, ਇਕ ਖਿਨ ਵਿਚ ਪੈਦਾ ਕਰ ਕੇ ਨਾਸ ਭੀ ਕਰ ਸਕਦਾ ਹੈ। ਉਹ ਪ੍ਰਭੂ ਆਪਣੇ ਸੇਵਕ ਦਾ ਆਪ ਹੀ ਰਾਖਾ ਹੈ, ਉਸ ਤੋਂ ਬਿਨਾ ਕੋਈ ਹੋਰ ਰੱਖਿਆ ਕਰ ਸਕਣ ਵਾਲਾ ਨਹੀਂ ਹੈ। ੩।

ਜਿਸ ਪਰਮਾਤਮਾ ਦਾ ਤੇਜ-ਬਲ ਸਭਨਾਂ ਤੋਂ ਉੱਚਾ ਹੈ (ਉਸ ਦੇ ਦਰ ਤੇ) ਹੇ ਨਾਨਕ ! (ਅਰਦਾਸ ਕਰ ਤੇ ਆਖ—ਹੇ ਪ੍ਰਭੂ !) ਕਿਰਪਾ ਕਰ ਕੇ ਮੇਰੀ ਅਰਜ਼ੋਈ ਸੁਣ, ਆਪਣੇ ਸੇਵਕ ਨੂੰ ਦਰਸ਼ਨ ਦੇਹ, ਮੈਂ (ਤੇਰਾ ਸੇਵਕ) ਸਦਾ ਤੇਰੇ ਨਾਮ ਦਾ ਜਾਪ ਜਪਦਾ ਰਹਾਂ। ੪। ੩੨। ੪੩।

ਰਾਮਕਲੀ ਮਹਲਾ ੫ ॥ ਬਿਰਥਾ ਭਰਵਾਸਾ ਲੋਕ ॥ ਠਾਕੁਰ ਪ੍ਰਭ ਤੇਰੀ ਟੇਕ ॥ ਅਵਰ ਛੂਟੀ ਸਭ ਆਸ ॥ ਅਚਿੰਤ ਠਾਕੁਰ ਭੇਟੇ ਗੁਣਤਾਸ ॥ ੧ ॥ ਏਕੋ ਨਾਮੁ ਧਿਆਇ ਮਨ ਮੇਰੇ ॥ ਕਾਰਜੁ ਤੇਰਾ ਹੋਵੈ ਪੂਰਾ ਹਰਿ ਹਰਿ

ਹਰਿ ਗੁਣ ਗਾਇ ਮਨ ਮੇਰੇ ॥ ੧ ॥ ਰਹਾਉ ॥ ਤੁਮ ਹੀ ਕਾਰਨ ਕਰਨ ॥ ਚਰਨ ਕਮਲ ਹਰਿ ਸਰਨ ॥ ਮਨਿ ਤਨਿ ਹਰਿ ਓਹੀ ਧਿਆਇਆ ॥ਆਨੰਦ ਹਰਿ ਰੂਪ ਦਿਖਾਇਆ ॥੨॥ ਤਿਸ ਹੀ ਕੀ ਓਟ ਸਦੀਵ ॥ ਜਾ ਕੇ ਕੀਨੇ ਹੈ ਜੀਵ ॥ ਸਿਮਰਤ ਹਰਿ ਕਰਤ ਨਿਧਾਨ ॥ ਰਾਖਨਹਾਰ ਨਿਦਾਨ ॥ ੩ ॥ ਸਰਬ ਕੀ ਰੇਣ ਹੋਵੀਜੈ ॥ ਆਪੁ ਮਿਟਾਇ ਮਿਲੀਜੈ॥ ਅਨਦਿਨੁ ਧਿਆਈਐ ਨਾਮੁ ॥ ਸਫਲ ਨਾਨਕ ਇਹੁ ਕਾਮੁ ॥੪॥੩੩॥੪੪॥ [ਪੰਨਾ ੯੯੬]

ਪਦ ਅਰਥ :—ਬਿਰਥਾ—[वृथा] ਬਿਅਰਥ । ਭਰਵਾਸਾ—ਭਰੋਸਾ, ਸਹਾਇਤਾ ਦੀ ਆਸ । ਠਾਕੁਰ ਪ੍ਰਭ—ਹੇ ਠਾਕੁਰ ! ਹੇ ਪ੍ਰਭੂ ! ਟੇਕ—ਸਹਾਰਾ । ਛੂਟੀ—ਮੁੱਕ ਗਈ । ਅਚਿੰਤ—ਚਿੰਤਾ-ਰਹਿਤ । ਠਾਕੁਰ ਭੇਟੇ—ਠਾਕੁਰ ਨੂੰ ਮਿਲਿਆਂ । ਗੁਣਤਾਸ—ਗੁਣਾਂ ਦਾ ਖ਼ਜ਼ਾਨਾ । ੧ ।

ਮਨ—ਹੇ ਮਨ ! ਹੋਵੈ ਪੂਰਾ—ਸਿਰੇ ਚੜ੍ਹ ਜਾਇਗਾ । ਕਾਰਜੁ—(ਸਿਮਰਨ ਕਰਨ ਵਾਲਾ ਇਹ) ਕੰਮ । ੧ । ਰਹਾਉ ।

ਕਾਰਨ ਕਰਨ—ਕਰਨ ਦਾ ਕਾਰਨ, ਕੀਤੇ ਹੋਏ (ਜਗਤ) ਦਾ ਬਣਾਣ ਵਾਲਾ । ਹਰਿ—ਹੇ ਹਰੀ ! ਮਨਿ—ਮਨ ਵਿਚ । ਤਨਿ—ਤਨ ਵਿਚ, ਹਿਰਦੇ ਵਿਚ । ਆਨੰਦ ਹਰਿ ਰੂਪ—ਆਨੰਦ-ਰੂਪ ਹਰਿ । ਦਿਖਾਇਆ—(ਗੁਰੂ ਨੇ) ਵਿਖਾ ਦਿੱਤਾ । ੨ ।

ਸਦੀਵ—ਸਦਾ ਹੀ । ਓਟ—ਆਸਰਾ । ਜਾ ਕੇ ਕੀਨੇ—ਜਿਸ (ਪ੍ਰਭੂ) ਦੇ ਬਣਾਏ ਹੋਏ । ਹਰਿ ਕਰਤ—'ਹਰਿ ਹਰਿ' ਕਰਦਿਆਂ, ਹਰਿ-ਨਾਮ ਸਿਮਰਦਿਆਂ । ਨਿਧਾਨ—ਖ਼ਜ਼ਾਨੇ । ਨਿਦਾਨ—ਓੜਕ ਨੂੰ । ੩ ।

ਰੇਣ—ਚਰਨ-ਧੂੜ । ਹੋਵੀਜੈ—ਹੋ ਜਾਣਾ ਚਾਹੀਦਾ ਹੈ । ਆਪੁ—ਆਪਾ-ਭਾਵ, ਅਹੰਕਾਰ । ਮਿਟਾਇ—ਮਿਟਾ ਕੇ । ਮਿਲੀਜੈ—ਮਿਲ ਸਕੀਦਾ ਹੈ । ਅਨਦਿਨੁ—[अनुदिनं] ਹਰ ਰੋਜ਼, ਹਰ ਵੇਲੇ । ਕਾਮੁ—ਕੰਮ । ੪ ।

ਅਰਥ :—ਹੇ ਮੇਰੇ ਮਨ ! ਸਿਰਫ਼ ਪਰਮਾਤਮਾ ਦਾ ਨਾਮ ਸਿਮਰਿਆ ਕਰ, ਸਦਾ ਪਰਮਾਤਮਾ ਦੇ ਗੁਣ ਗਾਇਆ ਕਰ । ਤੇਰਾ ਇਹ ਕੰਮ ਜ਼ਰੂਰ ਸਿਰੇ ਚੜ੍ਹੇਗਾ (ਭਾਵ, ਜ਼ਰੂਰ ਫਲ ਦੇਵੇਗਾ) । ੧ । ਰਹਾਉ ।

ਹੇ ਮਨ ! ਦੁਨੀਆ ਦੀ ਮਦਦ ਦੀ ਆਸ ਰੱਖਣੀ ਵਿਅਰਥ ਹੈ । ਹੇ ਮੇਰੇ ਠਾਕੁਰ ! ਹੇ ਮੇਰੇ ਪ੍ਰਭੂ ! (ਮੈਨੂੰ ਤਾਂ) ਤੇਰਾ ਹੀ ਆਸਰਾ ਹੈ । ਹੇ ਭਾਈ ! ਜਿਹੜਾ ਮਨੁੱਖ ਗੁਣਾਂ ਦੇ ਖ਼ਜ਼ਾਨੇ ਚਿੰਤਾ-ਰਹਿਤ ਮਾਲਕ-ਪ੍ਰਭੂ ਨੂੰ ਮਿਲ ਪੈਂਦਾ ਹੈ, (ਦੁਨੀਆਂ ਤੋਂ ਕਿਸੇ ਮਦਦ ਦੀ) ਹਰੇਕ ਆਸ (ਉਸ ਦੀ) ਮੁੱਕ ਜਾਂਦੀ ਹੈ । ੧ ।

ਹੇ ਪ੍ਰਭੂ ! ਇਸ ਜਗਤ-ਰਚਨਾ ਦਾ ਬਣਾਣ ਵਾਲਾ ਤੂੰ ਹੀ ਹੈਂ । (ਮੈਂ ਤਾਂ ਸਦਾ) ਤੇਰੇ ਸੋਹਣੇ ਚਰਨਾਂ ਦੀ ਸਰਨ ਵਿਚ ਰਹਿੰਦਾ ਹਾਂ । ਹੇ ਭਾਈ ! ਜਿਸ ਮਨੁੱਖ ਨੇ ਆਪਣੇ ਮਨ ਵਿਚ ਹਿਰਦੇ ਵਿਚ ਸਿਰਫ਼ ਉਸ ਪਰਮਾਤਮਾ ਨੂੰ ਹੀ ਸਿਮਰਿਆ ਹੈ, (ਗੁਰੂ ਨੇ) ਉਸ ਨੂੰ ਆਨੰਦ-ਰੂਪ ਪ੍ਰਭੂ ਦਾ ਦਰਸ਼ਨ ਕਰਾ ਦਿੱਤਾ ਹੈ । ੨ ।

ਹੇ ਮੇਰੇ ਮਨ ! ਸਦਾ ਹੀ ਉਸੇ ਪ੍ਰਭੂ ਦਾ ਹੀ ਆਸਰਾ ਲਈ ਰੱਖ, ਜਿਸ ਦੇ ਪੈਦਾ ਕੀਤੇ ਹੋਏ ਇਹ ਸਾਰੇ ਜੀਵ ਹਨ । ਹੇ ਮਨ ! ਪਰਮਾਤਮਾ ਦਾ ਨਾਮ ਸਿਮਰਦਿਆਂ(ਸਾਰੇ) ਖ਼ਜ਼ਾਨੇ (ਮਿਲ ਜਾਂਦੇ ਹਨ) । ਹੇ ਮਨ ! (ਜਦੋਂ ਹੋਰ ਸਾਰੇ ਸਹਾਰੇ ਮੁੱਕ ਜਾਣ, ਤਾਂ) ਅੰਤ ਨੂੰ ਪਰਮਾਤਮਾ ਹੀ ਰੱਖਿਆ ਕਰ ਸਕਣ ਵਾਲਾ ਹੈ । ੩ ।

ਹੇ ਮੇਰੇ ਮਨ ! ਸਭਨਾਂ ਦੇ ਚਰਨਾਂ ਦੀ ਧੂੜ ਬਣੇ ਰਹਿਣਾ ਚਾਹੀਦਾ ਹੈ, (ਆਪਣੇ ਅੰਦਰੋਂ) ਅਹੰਕਾਰ ਦੂਰ ਕਰ ਕੇ ਹੀ ਪਰਮਤਮਾ ਨੂੰ ਮਿਲ ਸਕੀਦਾ ਹੈ । ਹੇ ਮਨ ! ਪਰਮਾਤਮਾ ਦਾ ਨਾਮ ਹਰ ਵੇਲੇ ਸਿਮਰਨਾ ਚਾਹੀਦਾ ਹੈ । ਹੇ ਨਾਨਕ ! (ਸਿਮਰਨ ਕਰਨ ਦਾ) ਇਹ ਕੰਮ ਜ਼ਰੂਰ ਫਲ ਦੇਂਦਾ ਹੈ ।੪।੩੩।੪੪।

ਰਾਮਕਲੀ ਮਹਲਾ ੫ ।। ਕਾਰਨ ਕਰਨ ਕਰੀਮ ॥ ਸਰਬ ਪ੍ਰਤਿਪਾਲ ਰਹੀਮ ।। ਅਲਹ ਅਲਖ ਅਪਾਰ ।। ਖੁਦਿ ਖੁਦਾਇ ਵਡ ਬੇਸੁਮਾਰ ।।੧।। ਉਨਮੋ ਭਗਵੰਤ ਗੁਸਾਈ ।। ਖਾਲਕੁ ਰਵਿ ਰਹਿਆ ਸਰਬ ਠਾਈ ।। ੧ ।। ਰਹਾਉ ।। ਜਗੰਨਾਥ ਜਗ ਜੀਵਨ ਮਾਧੋ ॥ ਭਉਭੰਜਨ ਰਿਦ ਮਾਹਿ ਅਰਾਧੋ ॥ ਰਿਖੀਕੇਸ ਗੋਪਾਲ ਗੋੁਵਿੰਦ ।। ਪੂਰਨ ਸਰਬਤ੍ਰ ਮੁਕੰਦ ।। ੨ ।। ਮਿਹਰਵਾਨ ਮਉਲਾ ਤੂਹੀ ਏਕ ॥ ਪੀਰ ਪੈਕਾਂਬਰ ਸੇਖ ॥ ਦਿਲਾ ਕਾ ਮਾਲਕੁ ਕਰੇ ਹਾਕੁ॥ ਕੁਰਾਨ ਕਤੇਬ ਤੇ ਪਾਕੁ ।। ੩ ।। ਨਾਰਾਇਣ ਨਰਹਰ ਦਇਆਲ ।। ਰਮਤ ਰਾਮ ਘਟ ਘਟ ਆਧਾਰ ।। ਬਾਸੁਦੇਵ ਬਸਤ ਸਭ ਠਾਇ ।। ਲੀਲਾ ਕਿਛੁ ਲਖੀ ਨ ਜਾਇ ॥੪॥ ਮਿਹਰ ਦਇਆ ਕਰਿ ਕਰਨੈਹਾਰ ॥ ਭਗਤਿ ਬੰਦਗੀ ਦੇਹਿ ਸਿਰਜਣਹਾਰ ।। ਕਹੁ ਨਾਨਕ ਗੁਰਿ ਖੋਏ ਭਰਮ ।। ਏਕੋ ਅਲਹੁ ਪਾਰਬ੍ਰਹਮ ।।੫।।੩੪।।੪੫।। [ਪੰਨਾ ੮੯੬]

ਪਦ ਅਰਥ :—ਕਾਰਨ—ਸਬੱਬ, ਮੂਲ । ਕਰਨ—ਕੀਤਾ ਹੋਇਆ ਜਗਤ । ਕਾਰਨ ਕਰਨ—ਜਗਤ ਦਾ ਪੈਦਾ ਕਰਨ ਵਾਲਾ । ਕਰਮੁ—ਬਖ਼ਸ਼ਸ਼ । ਕਰੀਮ—ਬਖ਼ਸ਼ਸ਼ ਕਰਨ ਵਾਲਾ । ਪ੍ਰਤਿਪਾਲ—ਪਾਲਣ ਵਾਲਾ । ਰਹੀਮ—ਰਹਿਮ ਕਰਨ ਵਾਲਾ । ਅਲਹ—ਰੱਬ [ਪ੍ਰਭੂ ਦਾ ਮੁਸਲਮਾਨੀ ਨਾਮ] । ਅਲਖ—ਅਲੱਖ, ਜਿਸ ਦਾ ਸਹੀ ਸਰੂਪ ਬਿਆਨ ਨ ਹੋ ਸਕੇ । ਖੁਦਿ—ਖ਼ੁਦਿ, ਆਪ ਹੀ । ਖੁਦਾਇ—ਮਾਲਕ । ਬੇਸੁਮਾਰ—ਗਿਣਤੀ-ਮਿਣਤੀ

ਤੋਂ ਬਾਹਰਾ ।੧।

ਊਨਮੋ–[ਅੱਖਰ 'ਓ' ਨੂੰ ਦੋ ਲਗਾਂ ਹਨ– ੋ ਅਤੇ ੍ ।ਅਸਲ ਹੈ 'ਓਂ', ਇਥੇ ਪੜ੍ਹਨਾ ਹੈ 'ਉ'], ਓਂਨਮੋ, ਸਰਬ-ਵਿਆਪਕ ਨੂੰ ਨਮਸਕਾਰ। ਨਮੋ–ਨਮਸਕਾਰ । ਗੁਸਾਈ–ਗੋ-ਸਾਈਂ, ਧਰਤੀ ਦਾ ਮਾਲਕ। ਖਾਲਕੁ–ਖ਼ਲਕਤ ਦਾ ਪੈਦਾ ਕਰਨ ਵਾਲਾ। ਰਵਿ ਰਹਿਆ–ਵਿਆਪਕ ਹੈ, ਮੌਜੂਦ ਹੈ। ਸਰਬ–ਸਾਰੇ। ਠਾਈ–ਠਾਈਂ, ਥਾਵਾਂ ਵਿਚ। ੧।ਰਹਾਉ।

ਮਾਧੋ–[ਮਾ-ਧਵ] ਮਾਇਆ ਦਾ ਪਤੀ। ਅਰਾਧੋ–ਅਰਾਧੁ, ਸਿਮਰਨ-ਜੋਗ। ਰਿਦ–ਹਿਰਦਾ। ਰਿਖੀਕੇਸ–[ਹ੍ਰਿਸ਼ੀਕ-ਈਸ਼] ਇੰਦ੍ਰਿਆਂ ਦਾ ਮਾਲਕ। ਗੋੁਵਿੰਦ–[ਅੱਖਰ 'ਗ' ਦੇ ਨਾਲ ਦੋ ਲਗਾਂ ਹਨ– ੋ ਅਤੇ ੁ । ਅਸਲ ਲਫ਼ਜ਼ 'ਗੋਵਿੰਦ' ਹੈ, ਇਥੇ 'ਗੁਵਿੰਦ' ਪੜ੍ਹਨਾ ਹੈ]। ਸਰਬਤ੍ਰ–ਸਭ ਥਾਈਂ [ਸਰਵੱਤ੍ਰ]। ਮੁਕੰਦ–ਮੁਕਤੀ-ਦਾਤਾ।੨।

ਮਉਲਾ–[ਅਰਬੀ ਲਫ਼ਜ਼] ਨਜਾਤ (ਮੁਕਤੀ) ਦੇਣ ਵਾਲਾ। ਪੈਕਾਂਬਰ–ਪੈਗ਼ੰਬਰ [ਪੈਗ਼ਾਮ-ਬਰ] ਰੱਬ ਦਾ ਸੁਨੇਹਾ ਲਿਆਉਣ ਵਾਲਾ। ਸੇਖ–ਸ਼ੇਖ। ਹਾਕੁ–ਹੱਕ, ਨਿਆਂ, ਇਨਸਾਫ਼। ਕਰੇ ਹਾਕੁ–ਹੱਕੋ-ਹੱਕ ਕਰਦਾ ਹੈ, ਨਿਆਂ ਕਰਦਾ ਹੈ। ਤੇ–ਤੋਂ। ਪਾਕੁ–(ਭਾਵ, ਵੱਖਰਾ)।੩।

[ਨੋਟ ! ਲਫ਼ਜ਼ 'ਹਾਕੁ' ਪੁਲਿੰਗ ਇਕ ਵਚਨ ਹੈ। ਲਫ਼ਜ਼ 'ਹਾਕ' ਇਸਤ੍ਰੀਲਿੰਗ, ਜਿਸ ਦਾ ਅਰਥ ਹੈ 'ਆਵਾਜ਼'। ਜਿਵੇਂ 'ਜਰਾ ਹਾਕ ਦੀ ਸਭ ਮਤਿ ਥਾਕੀ ਏਕ ਨ ਥਾਕਸਿ ਮਾਇਆ']।

ਨਾਰਾਇਣ–ਜਲ ਵਿਚ ਨਿਵਾਸ ਰੱਖਣ ਵਾਲਾ, ਵਿਸ਼ਨੂ, ਪਰਮਾਤਮਾ। ਨਰਹਰ–ਨਰ ਸਿੰਘ। ਰਮਤ–ਸਭ ਵਿਚ ਰਮਿਆ ਹੋਇਆ। ਘਟ ਘਟ ਆਧਾਰ–ਹਰੇਕ ਹਿਰਦੇ ਦਾ ਆਸਰਾ। ਬਾਸੁਦੇਵ–[ਸ੍ਰੀ ਕ੍ਰਿਸ਼ਨ] ਪਰਮਾਤਮਾ। ਠਾਇ–ਥਾਂ ਵਿਚ। ਲੀਲਾ–ਚੋਜ, ਕੌਤਕ, ਖੇਡ। ਲਖੀ ਨ ਜਾਇ–ਬਿਆਨ ਨਹੀਂ ਹੋ ਸਕਦੀ।੪।

ਕਰਨੈਹਾਰ–ਹੇ ਪੈਦਾ ਕਰਨ ਵਾਲੇ ! ਸਿਰਜਣਹਾਰ–ਹੇ ਸਿਰਜਣਹਾਰ ! ਨਾਨਕ–ਹੇ ਨਾਨਕ ! ਗੁਰਿ–ਗੁਰੂ ਨੇ। ਖੋਏ–ਨਾਸ ਕੀਤੇ। ਭਰਮ–ਭੁਲੇਖੇ।੫।

ਅਰਥ :–ਹੇ ਭਗਵਾਨ ! ਹੇ ਧਰਤੀ ਦੇ ਖਸਮ ! ਤੈਨੂੰ ਸਰਬ-ਵਿਆਪਕ ਨੂੰ ਨਮਸਕਾਰ ਹੈ। ਤੂੰ (ਸਾਰੀ) ਖ਼ਲਕਤ ਦਾ ਪੈਦਾ ਕਰਨ ਵਾਲਾ ਸਭਨੀਂ ਥਾਈਂ ਮੌਜੂਦ ਹੈਂ।੧। ਰਹਾਉ।

ਹੇ ਜਗਤ ਦੇ ਮੂਲ ! ਹੇ ਬਖ਼ਸ਼ਸ਼ ਕਰਨ ਵਾਲੇ ! ਹੇ ਸਭ ਜੀਵਾਂ ਨੂੰ ਪਾਲਣ ਵਾਲੇ ! ਹੇ (ਸਭਨਾਂ ਉਤੇ) ਰਹਿਮ ਕਰਨ ਵਾਲੇ ! ਹੇ ਅੱਲਾਹ ! ਹੇ ਅਲੱਖ ! ਹੇ ਅਪਾਰ ! ਤੂੰ ਆਪ ਹੀ ਸਭਨਾਂ ਦਾ ਖਸਮ ਹੈਂ, ਤੂੰ ਬੜਾ ਬੇਅੰਤ ਹੈਂ।੧।

ਹੇ ਜਗਤ ਦੇ ਨਾਥ ! ਹੇ ਜਗਤ ਦੇ ਜੀਵਨ ! ਹੇ ਮਾਇਆ ਦੇ ਪਤੀ ! ਹੇ (ਜੀਵਾਂ

ਦਾ ਹਰੇਕ) ਡਰ ਨਾਸ ਕਰਨ ਵਾਲੇ ! ਹੇ ਹਿਰਦੇ ਵਿਚ ਆਰਾਧਨ-ਜੋਗ ! ਹੇ ਇੰਦ੍ਰਿਆਂ ਦੇ ਮਾਲਕ ! ਹੇ ਗੋਪਾਲ ! ਹੇ ਗੋਵਿੰਦ ! ਹੇ ਮੁਕਤੀ-ਦਾਤੇ ! ਸਭਨੀਂ ਥਾਈਂ ਵਿਆਪਕ ਹੈਂ । ੨ ।

ਹੇ ਮਿਹਰਵਾਨ ! ਸਿਰਫ਼ ਤੂੰ ਹੀ ਪੀਰਾਂ ਪੈਗੰਬਰਾਂ ਸ਼ੇਖ਼ਾਂ (ਸਭ ਨੂੰ) ਨਜਾਤ ਦੇਣ ਵਾਲਾ ਹੈਂ । (ਹੇ ਭਾਈ ! ਉਹੀ ਮੌਲਾ ਸਭਨਾਂ ਦੇ) ਦਿਲਾਂ ਦਾ ਮਾਲਕ ਹੈ, (ਸਭ ਦੇ ਦਿਲ ਦੀ ਜਾਣਨ ਵਾਲਾ ਉਹ ਸਦਾ) ਹੱਕੋ-ਹੱਕ ਕਰਦਾ ਹੈ। ਉਹ ਮੌਲਾ ਕੁਰਾਨ ਅਤੇ ਹੋਰ ਪੱਛਮੀ ਧਾਰਮਿਕ ਪੁਸਤਕਾਂ ਦੇ ਦੱਸੇ ਸਰੂਪ ਤੋਂ ਵੱਖਰਾ ਹੈ । ੩ ।

ਹੇ ਭਾਈ ! ਉਹ ਦਇਆ ਦਾ ਸੋਮਾ ਪਰਮਾਤਮਾ ਆਪ ਹੀ ਨਾਰਾਇਣ ਹੈ ਆਪ ਹੀ ਨਰ ਸਿੰਘ ਹੈ । ਉਹ ਰਾਮ ਸਭਨਾਂ ਵਿਚ ਰਮਿਆ ਹੋਇਆ ਹੈ, ਹਰੇਕ ਹਿਰਦੇ ਦਾ ਆਸਰਾ ਹੈ । ਉਹੀ ਬਾਸੁਦੇਵ ਹੈ ਜੋ ਸਭਨੀਂ ਥਾਈਂ ਵੱਸ ਰਿਹਾ ਹੈ । ਉਸ ਦੀ ਖੇਡ ਕੁਝ ਭੀ ਬਿਆਨ ਨਹੀਂ ਕੀਤੀ ਜਾ ਸਕਦੀ । ੪ ।

ਹੇ ਸਭ ਜੀਵਾਂ ਦੇ ਰਚਨਹਾਰ ! ਹੇ ਸਿਰਜਣਹਾਰ ! ਮਿਹਰ ਕਰ ਕੇ ਦਇਆ ਕਰ ਕੇ ਤੂੰ ਆਪ ਹੀ ਜੀਵਾਂ ਨੂੰ ਆਪਣੀ ਭਗਤੀ ਦੇਂਦਾ ਹੈਂ ਆਪਣੀ ਬੰਦਗੀ ਦੇਂਦਾ ਹੈਂ। ਹੇ ਨਾਨਕ ! ਆਖ-ਗੁਰੂ ਨੇ (ਜਿਸ ਮਨੁੱਖ ਦੇ) ਭੁਲੇਖੇ ਦੂਰ ਕਰ ਦਿੱਤੇ, ਉਸ ਨੂੰ (ਮੁਸਲਮਾਨਾਂ ਦਾ) ਅੱਲਾਹ ਅਤੇ (ਹਿੰਦੂਆਂ ਦਾ) ਪਾਰਬ੍ਰਹਮ ਇਕੋ ਹੀ ਦਿੱਸ ਪੈਂਦੇ ਹਨ। ੫ । ੩੪ । ੪੫ ।

ਰਾਮਕਲੀ ਮਹਲਾ ੫॥ ਕੋਟਿ ਜਨਮ ਕੇ ਬਿਨਸੇ ਪਾਪ ॥ ਹਰਿ ਹਰਿ ਜਪਤ ਨਾਹੀ ਸੰਤਾਪ ॥ ਗੁਰ ਕੇ ਚਰਨ ਕਮਲ ਮਨਿ ਵਸੇ ॥ ਮਹਾ ਬਿਕਾਰ ਤਨ ਤੇ ਸਭਿ ਨਸੇ ॥੧॥ ਗੋਪਾਲ ਕੋ ਜਸੁ ਗਾਉ ਪ੍ਰਾਣੀ॥ਤ੍ਰਿਸਨਾ ਕਥਾ ਸਾਚੀ ਪ੍ਰਭ ਪੂਰਨ ਜੋਤੀ ਜੋਤਿ ਸਮਾਣੀ ॥੧॥ ਰਹਾਉ ॥ ਤ੍ਰਿਸਨਾ ਭੂਖ ਸਭ ਨਾਸੀ ॥ ਸੰਤ ਪ੍ਰਸਾਦਿ ਜਪਿਆ ਅਬਿਨਾਸੀ ॥ ਰੈਨਿ ਦਿਨਸੁ ਪ੍ਰਭ ਸੇਵ ਕਮਾਨੀ ॥ ਹਰਿ ਮਿਲਣੈ ਕੀ ਏਹ ਨੀਸਾਨੀ ॥੨॥ ਮਿਟੇ ਜੰਜਾਲ ਹੋਏ ਪ੍ਰਭ ਦਇਆਲ ॥ ਗੁਰ ਕਾ ਦਰਸਨੁ ਦੇਖਿ ਨਿਹਾਲ ॥ ਪਰਾ ਪੂਰਬਲਾ ਕਰਮੁ ਬਣਿ ਆਇਆ ॥ ਹਰਿ ਕੇ ਗੁਣ ਨਿਤ ਰਸਨਾ ਗਾਇਆ ॥੩॥ ਹਰਿ ਕੇ ਸੰਤ ਸਦਾ ਪਰਵਾਣੁ ॥ ਸੰਤ ਜਨਾ ਮਸਤਕਿ ਨੀਸਾਣੁ ॥ ਦਾਸ ਕੀ ਰੇਣੁ ਪਾਏ ਜੇ ਕੋਇ॥ਨਾਨਕ ਤਿਸ ਕੀ ਪਰਮ ਗਤਿ ਹੋਇ ॥੪॥੩੫॥੪੬॥ [ਪੰਨਾ ੯੯੭]

ਪਦ ਅਰਥ :-ਕੋਟਿ-ਕ੍ਰੋੜ । ਜਪਤ-ਜਪਦਿਆਂ । ਸੰਤਾਪ-ਦੁੱਖ-ਕਲੇਸ਼ । ਚਰਨ

ਕਮਲ–ਕੌਲ-ਫੁੱਲਾਂ ਵਰਗੇ ਸੋਹਣੇ ਚਰਨ। ਮਾਨਿ–ਮਨ ਵਿਚ। ਮਹਾ ਬਿਕਾਰ–ਵੱਡੇ ਵੱਡੇ ਐਬ। ਤੇ–ਤੋਂ। ਸਭਿ–ਸਾਰੇ। ੧।

ਕੋ–ਦਾ। ਗਾਉ–ਗਾਇਆ ਕਰ। ਪ੍ਰਾਣੀ–ਹੇ ਪ੍ਰਾਣੀ! ਅਕਥ–ਪੂਰੇ ਤੌਰ ਤੇ ਨਾਂਹ ਦੱਸੀ ਜਾ ਸਕਣ ਵਾਲੀ, ਕਦੇ ਨਾਂਹ ਮੁੱਕ ਸਕਣ ਵਾਲੀ। ਸਾਚੀ–ਅਟੱਲ, ਸਦਾ ਟਿਕੀ ਰਹਿਣ ਵਾਲੀ। ਪੂਰਨ–ਸਰਬ-ਵਿਆਪਕ। ਜੋਤਿ–ਰੂਹ, ਜਿੰਦ। ਜੋਤੀ–ਜੋਤਿ-ਰੂਪ ਹਰੀ ਵਿਚ। ੧। ਰਹਾਉ।

ਤ੍ਰਿਸਨਾ–ਤ੍ਰੇਹ, ਲਾਲਚ। ਸਭ–ਸਾਰੀ। ਸੰਤ ਪ੍ਰਸਾਦਿ–ਗੁਰੂ-ਸੰਤ ਦੀ ਕਿਰਪਾ ਨਾਲ। ਰੈਨਿ–[ਰਜਨਿ] ਰਾਤ। ਸੇਵ–ਸੇਵਾ-ਭਗਤੀ। ਨੀਸਾਨੀ–ਲੱਛਣ। ੨।

ਜੰਜਾਲ–ਮਾਇਆ ਦੇ ਮੋਹ ਦੇ ਬੰਧਨ। ਦੇਖਿ–ਵੇਖ ਕੇ। ਨਿਹਾਲ–ਪ੍ਰਸੰਨ, ਚੜ੍ਹਦੀ ਕਲਾ ਵਾਲੇ। ਪਰਾ ਪੂਰਬਲਾ–ਬੜੇ ਹੀ ਪੁਰਾਣੇ ਪਹਿਲੇ ਜਨਮਾਂ ਦਾ। ਕਰਮੁ–ਕੀਤਾ ਹੋਇਆ ਕੰਮ, ਭਾਗ। ਬਨਿ ਆਇਆ–ਫੱਬ ਪਿਆ। ਰਸਨਾ–ਜੀਭ (ਨਾਲ)। ੩।

ਸੰਤ–ਭਗਤੀ ਕਰਨ ਵਾਲੇ। ਪਰਵਾਣੁ–ਕਬੂਲ। ਮਸਤਕਿ–ਮੱਥੇ ਉਤੇ। ਨੀਸਾਣੁ–ਨਿਸ਼ਾਨ, ਪਰਵਾਨਗੀ ਦਾ ਚਿਹਨ। ਰੇਣੁ–ਚਰਨ-ਧੂੜ [ਨੋਟ–ਲਫ਼ਜ਼ 'ਰੇਣੁ' ਅਤੇ 'ਰੈਨਿ' ਦਾ ਫ਼ਰਕ ਚੇਤੇ-ਰੱਖਣ-ਜੋਗ ਹੈ]। ਕੋਇ–ਕੋਈ ਮਨੁੱਖ। ਤਿਸ ਕੀ–[ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ]। ਪਰਮ–ਸਭ ਤੋਂ ਉੱਚੀ। ਗਤਿ–ਆਤਮਕ ਅਵਸਥਾ।

ਅਰਥ :–ਹੇ ਪ੍ਰਾਣੀ। ਸ੍ਰਿਸ਼ਟੀ ਦੇ ਪਾਲਣਹਾਰ ਪ੍ਰਭੂ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਇਆ ਕਰ। ਜਿਹੜਾ ਮਨੁੱਖ ਸਰਬ-ਵਿਆਪਕ ਪ੍ਰਭੂ ਦੀ ਅਟੱਲ ਤੇ ਅਮੁੱਕ ਸਿਫ਼ਤਿ ਸਾਲਾਹ ਕਰਦਾ ਰਹਿੰਦਾ ਹੈ, ਉਸ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਰਹਿੰਦੀ ਹੈ। ੧। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਜਪਦਿਆਂ ਕੋਈ ਦੁੱਖ-ਕਲੇਸ਼ ਪੋਹ ਨਹੀਂ ਸਕਦੇ, (ਪਿਛਲੇ) ਕ੍ਰੋੜਾਂ ਜਨਮਾਂ ਦੇ ਕੀਤੇ ਹੋਏ ਪਾਪ ਭੀ ਨਾਸ ਹੋ ਜਾਂਦੇ ਹਨ। ਹੇ ਪ੍ਰਾਣੀ! ਜਿਸ ਮਨੁੱਖ ਦੇ ਮਨ ਵਿਚ ਗੁਰੂ ਦੇ ਸੋਹਣੇ ਚਰਨ ਆ ਵੱਸਦੇ ਹਨ, ਉਸ ਦੇ ਸਰੀਰ ਤੋਂ ਵੱਡੇ ਵੱਡੇ ਵਿਕਾਰ (ਭੀ) ਸਾਰੇ ਨੱਸ ਜਾਂਦੇ ਹਨ। ੧।

ਹੇ ਪ੍ਰਾਣੀ! ਗੁਰੂ-ਸੰਤ ਦੀ ਕਿਰਪਾ ਨਾਲ ਜਿਸ ਮਨੁੱਖ ਨੇ ਨਾਸ-ਰਹਿਤ ਪ੍ਰਭੂ ਦਾ ਨਾਮ ਜਪਿਆ, ਉਸ ਦੇ ਅੰਦਰੋਂ (ਮਾਇਆ ਦੀ) ਤ੍ਰਿਸ਼ਨਾ (ਮਾਇਆ ਦੀ) ਭੁੱਖ ਸਭ ਨਾਸ ਹੋ ਜਾਂਦੀ ਹੈ (ਕਿਉਂਕਿ ਉਸ ਨਾਲ ਪ੍ਰਭੂ ਦਾ ਮਿਲਾਪ ਹੋ ਜਾਂਦਾ ਹੈ, ਤੇ,) ਪ੍ਰਭੂ ਦੇ ਮਿਲਾਪ ਦਾ (ਵੱਡਾ) ਲੱਛਣ ਇਹ ਹੈ ਕਿ ਉਹ ਦਿਨ ਰਾਤ (ਹਰ ਵੇਲੇ) ਪ੍ਰਭੂ ਦੀ ਸੇਵਾ-

ਭਗਤੀ ਕਰਦਾ ਰਹਿੰਦਾ ਹੈ ।੨।

ਹੇ ਭਾਈ ! ਜਿਨ੍ਹਾਂ ਉਤੇ ਪ੍ਰਭੂ ਜੀ ਦਇਆਵਾਨ ਹੁੰਦੇ ਹਨ, ਉਹਨਾਂ ਦੇ ਮਾਇਆ ਦੇ ਮੋਹ ਦੇ ਬੰਧਨ ਟੁੱਟ ਜਾਂਦੇ ਹਨ; ਗੁਰੂ ਦਾ ਦਰਸ਼ਨ ਕਰ ਕੇ ਉਹ ਸਦਾ ਚੜ੍ਹਦੀ ਕਲਾ ਵਿਚ ਰਹਿੰਦੇ ਹਨ। ਉਹਨਾਂ ਦਾ ਪੂਰਬਲੇ ਜਨਮਾਂ ਦਾ ਕੀਤਾ ਕੰਮ ਉਹਨਾਂ ਦਾ ਸਹਾਈ ਆ ਬਣਦਾ ਹੈ (ਉਹਨਾਂ ਦੇ ਪੂਰਬਲੇ ਕੀਤੇ ਚੰਗੇ ਕੰਮਾਂ ਦੇ ਸੰਸਕਾਰ ਜਾਗ ਪੈਂਦੇ ਹਨ)। ਆਪਣੀ ਜੀਭ ਨਾਲ ਉਹ ਸਦਾ ਪ੍ਰਭੂ ਦੇ ਗੁਣ ਗਾਂਦੇ ਹਨ । ੩ ।

ਹੇ ਭਾਈ ! ਪ੍ਰਭੂ ਦੀ ਭਗਤੀ ਕਰਨ ਵਾਲੇ ਬੰਦੇ (ਪ੍ਰਭੂ ਦੀ ਹਜ਼ੂਰੀ ਵਿਚ) ਸਦਾ ਆਦਰ-ਸਤਕਾਰ ਪਾਂਦੇ ਹਨ। ਉਹਨਾਂ ਸੰਤ ਜਨਾਂ ਦੇ ਮੱਥੇ ਉਤੇ (ਨੂਰ ਚਮਕਦਾ ਹੈ, ਜੋ, ਮਾਨੋ, ਪ੍ਰਭੂ ਦਰ ਤੇ ਪ੍ਰਵਾਨਗੀ ਦਾ) ਚਿਹਨ ਹੈ। ਹੇ ਨਾਨਕ ! ਇਹੋ ਜਿਹੇ ਪ੍ਰਭੂ-ਸੇਵਕ ਦੇ ਚਰਨਾਂ ਦੀ ਧੂੜ ਜੇ ਕੋਈ ਮਨੁੱਖ ਪ੍ਰਾਪਤ ਕਰ ਲਏ, ਤਾਂ ਉਸ ਦੀ ਬਹੁਤ ਉੱਚੀ ਆਤਮਕ ਅਵਸਥਾ ਬਣ ਜਾਂਦੀ । ੪ । ੩੫ । ੪੬ ਹੈ ।

ਰਾਮਕਲੀ ਮਹਲਾ ੫॥ ਦਰਸਨ ਕਉ ਜਾਈਐ ਕੁਰਬਾਨੁ ॥ ਚਰਨ ਕਮਲ ਹਿਰਦੈ ਧਰਿ ਧਿਆਨੁ ॥ ਧੂਰਿ ਸੰਤਨ ਕੀ ਮਸਤਕਿ ਲਾਇ॥ ਜਨਮ ਜਨਮ ਕੀ ਦੁਰਮਤਿ ਮਲੁ ਜਾਇ ॥ ੧ ॥ ਜਿਸੁ ਭੇਟਤ ਮਿਟੈ ਅਭਿਮਾਨੁ ॥ ਪਾਰਬ੍ਰਹਮੁ ਸਭੁ ਨਦਰੀ ਆਵੈ ਕਰਿ ਕਿਰਪਾ ਪੂਰਨ ਭਗਵਾਨ॥ ੧॥ ਰਹਾਉ ॥ ਗੁਰ ਕੀ ਕੀਰਤਿ ਜਪੀਐ ਹਰਿ ਨਾਉ ॥ਗੁਰ ਕੀ ਭਗਤਿ ਸਦਾ ਗੁਣ ਗਾਉ ॥ ਗੁਰ ਕੀ ਸੁਰਤਿ ਨਿਕਟਿ ਕਰਿ ਜਾਨੁ ॥ ਗੁਰ ਕਾ ਸਬਦੁ ਸਤਿ ਕਰਿ ਮਾਨੁ ॥੨॥ ਗੁਰ ਬਚਨੀ ਸਮਸਰਿ ਸੁਖ ਦੂਖ ॥ ਕਦੇ ਨ ਬਿਆਪੈ ਤ੍ਰਿਸਨਾ ਭੂਖ ॥ ਮਨਿ ਸੰਤੋਖੁ ਸਬਦਿ ਗੁਰ ਰਾਜੇ ॥ ਜਪਿ ਗੋਬਿੰਦੁ ਪੜਦੇ ਸਭਿ ਕਾਜੇ ॥ ੩ ॥ ਗੁਰੁ ਪਰਮੇਸਰੁ ਗੁਰੁ ਗੋਵਿੰਦੁ ॥ ਗੁਰੂ ਦਾਤਾ ਦਇਆਲ ਬਖਸਿੰਦੁ ॥ ਗੁਰ ਚਰਨੀ ਜਾ ਕਾ ਮਨੁ ਲਾਗਾ ॥ ਨਾਨਕ ਦਾਸ ਤਿਸੁ ਪੂਰਨ ਭਾਗਾ ॥੪॥੩੬॥੪੭॥[ਪੰਨਾ ੯੬੭]

ਪਦ ਅਰਥ :-ਜਾਈਐ-ਜਾਣਾ ਚਾਹੀਦਾ ਹੈ। ਹਿਰਦੈ-ਹਿਰਦੇ ਵਿਚ। ਧਰਿ-ਧਰ ਕੇ। ਸੰਤ-ਗੁਰੂ ਦੇ ਦਰ ਦੇ ਸਤਸੰਗੀ। ਮਸਤਕਿ-ਮੱਥੇ ਉਤੇ। ਦੁਰਮਤਿ-ਖੋਟੀ ਮਤਿ। ਜਾਇ-ਦੂਰ ਹੋ ਜਾਂਦੀ ਹੈ। ੧।

ਜਿਸੁ ਭੇਟਤ-ਜਿਸ (ਗੁਰੂ) ਨੂੰ ਮਿਲਿਆਂ। ਸਭੁ-ਹਰ ਥਾਂ। ਭਗਵਾਨ-ਹੇ ਭਗਵਾਨ। ੧। ਰਹਾਉ।

ਕੀਰਤਿ-ਸੋਭਾ। ਜਪੀਐ-ਜਪਣਾ ਚਾਹੀਦਾ ਹੈ। ਗਾਉ-ਗਾਂਦੇ ਰਹੋ। ਸੁਰਤਿ-

ਧਿਆਨ, ਲਗਨ। ਨਿਕਟਿ—ਨੇੜੇ। ਜਾਨੁ—ਸਮਝ। ਸਤਿ—ਸਦਾ ਕਾਇਮ ਰਹਿਣ ਵਾਲਾ, ਸੱਚਾ। ਮਾਨੁ—ਮੰਨ। ੨।

ਸਮਸਰਿ—ਬਰਾਬਰ, ਇਕੋ ਜਿਹੇ। ਬਚਨੀ—ਬਚਨਾਂ ਦੀ ਰਾਹੀਂ, ਬ਼ਚਨਾਂ ਤੇ ਤੁਰਿਆਂ। ਨ ਬਿਆਪੈ—ਜ਼ੋਰ ਨਹੀਂ ਪਾ ਸਕਦਾ। ਮਨਿ—ਮਨ ਵਿਚ। ਸਬਦਿ—ਸ਼ਬਦ ਦੀ ਦੀ ਰਾਹੀਂ। ਰਾਜੇ—ਰੱਜ ਜਾਂਦਾ ਹੈ। ਸਭਿ—ਸਾਰੇ। ਕਾਜੇ—ਕੱਜੇ ਜਾਂਦੇ ਹਨ। ੩।

ਚਰਨੀ—ਚਰਨਾਂ ਵਿਚ। ਜਾ ਕਾ—ਜਿਸ (ਮਨੁੱਖ) ਦਾ। ਦਾਸ ਤਿਸੁ—ਉਸ ਦਾਸ ਦੇ। ੪।

ਅਰਥ :—ਹੇ ਸਭ ਗੁਣਾਂ ਵਾਲੇ ਭਗਵਾਨ! (ਮੇਰੇ ਉਤੇ) ਕਿਰਪਾ ਕਰ (ਮੈਨੂੰ ਉਹ ਗੁਰੂ ਮਿਲਾ) ਜਿਸ ਗੁਰੂ ਨੂੰ ਮਿਲਿਆਂ (ਮਨ ਵਿਚੋਂ) ਅਹੰਕਾਰ ਦੂਰ ਹੋ ਜਾਂਦਾ ਹੈ, ਅਤੇ ਪਾਰਬ੍ਰਹਮ ਪ੍ਰਭੂ ਹਰ ਥਾਂ ਦਿੱਸ ਪੈਂਦਾ ਹੈ। ੧। ਰਹਾਉ।

(ਹੇ ਭਾਈ! ਗੁਰੂ ਦੇ) ਸੋਹਣੇ ਚਰਨਾਂ ਦਾ ਧਿਆਨ ਹਿਰਦੇ ਵਿਚ ਧਰ ਕੇ (ਗੁਰੂ ਦੇ) ਦਰਸ਼ਨ ਤੋਂ ਸਦਕੇ ਜਾਣਾ ਚਾਹੀਦਾ ਹੈ (ਦਰਸ਼ਨ ਦੀ ਖ਼ਾਤਰ ਆਪਾ-ਭਾਵ ਕੁਰਬਾਨ ਕਰ ਦੇਣਾ ਚਾਹੀਦਾ ਹੈ)। (ਹੇ ਭਾਈ! ਗੁਰੂ ਦੇ ਦਰ ਤੇ ਰਹਿਣ ਵਾਲੇ) ਸੰਤ ਜਨਾਂ ਦੀ ਚਰਨ-ਧੂੜ ਮੱਥੇ ਉਤੇ ਲਾਇਆ ਕਰ, (ਇਸ ਤਰ੍ਹਾਂ) ਅਨੇਕਾਂ ਜਨਮਾਂ ਦੀ ਖੋਟੀ ਮਤਿ ਦੀ ਮੈਲ ਲਹਿ ਜਾਂਦੀ ਹੈ। ੧।

ਹੇ ਭਾਈ! ਸਦਾ ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ—ਇਹੀ ਹੈ ਗੁਰੂ ਦੀ ਸੋਭਾ (ਕਰਨੀ)। ਹੇ ਭਾਈ! ਸਦਾ ਪ੍ਰਭੂ ਦੇ ਗੁਣ ਗਾਇਆ ਕਰ—ਇਹੀ ਹੈ ਗੁਰੂ ਦੀ ਭਗਤੀ। ਹੇ ਭਾਈ! ਪਰਮਾਤਮਾ ਨੂੰ ਸਦਾ ਆਪਣੇ ਨੇੜੇ ਵੱਸਦਾ ਜਾਣ—ਇਹੀ ਹੈ ਗੁਰੂ ਦੇ ਚਰਨਾਂ ਵਿਚ ਧਿਆਨ ਧਰਨਾ। ਹੇ ਭਾਈ! ਗੁਰੂ ਦੇ ਸ਼ਬਦ ਨੂੰ (ਸਦਾ) ਸੱਚਾ ਕਰਕੇ ਮੰਨ। ੨।

ਹੇ ਭਾਈ! ਗੁਰੂ ਦੇ ਬਚਨਾਂ ਦੀ ਰਾਹੀਂ (ਸਾਰੇ) ਸੁਖ ਦੁਖ ਇਕੋ ਜਿਹੇ ਜਾਪਣ ਲੱਗ ਪੈਂਦੇ ਹਨ, ਮਾਇਆ ਦੀ ਤ੍ਰਿਸ਼ਨਾ ਮਾਇਆ ਦੀ ਭੁੱਖ ਕਦੇ ਆਪਣਾ ਜ਼ੋਰ ਨਹੀਂ ਪਾ ਸਕਦੀ। ਗੁਰੂ ਦੇ ਸ਼ਬਦ ਦੀ ਰਾਹੀਂ ਮਨ ਵਿਚ ਸੰਤੋਖ ਪੈਦਾ ਹੋ ਜਾਂਦਾ ਹੈ, (ਮਨ) ਰੱਜ ਜਾਂਦਾ ਹੈ। ਪਰਮਾਤਮਾ ਦਾ ਨਾਮ ਜਪ ਕੇ ਸਾਰੇ ਪੜਦੇ ਕੱਜੇ ਜਾਂਦੇ ਹਨ (ਲੋਕ ਪਰਲੋਕ ਵਿਚ ਇੱਜ਼ਤ ਬਣ ਜਾਂਦੀ ਹੈ)। ੩।

ਹੇ ਭਾਈ! ਗੁਰੂ ਪਰਮਾਤਮਾ (ਦਾ ਰੂਪ) ਹੈ, ਗੁਰੂ ਗੋਬਿੰਦ (ਦਾ ਰੂਪ) ਹੈ। ਗੁਰੂ ਦਾਤਾਰ (ਪ੍ਰਭੂ ਦਾ ਰੂਪ) ਹੈ, ਗੁਰੂ ਦਇਆ ਦੇ ਸੋਮੇ ਬਖ਼ਸ਼ਣਹਾਰ ਪ੍ਰਭੂ (ਦਾ ਰੂਪ) ਹੈ। ਹੇ ਨਾਨਕ! ਜਿਸ ਮਨੁੱਖ ਦਾ ਮਨ ਗੁਰੂ ਦੇ ਚਰਨਾਂ ਵਿਚ ਟਿਕ ਜਾਂਦਾ ਹੈ, ਉਸ ਦਾਸ ਦੇ ਪੂਰੇ ਭਾਗ ਜਾਗ ਪੈਂਦੇ ਹਨ। ੪। ੩੬। ੪੭।

ਰਾਮਕਲੀ ਮਹਲਾ ੫ ॥ ਕਿਸੁ ਭਰਵਾਸੈ ਬਿਚਰਹਿ ਭਵਨ ॥ ਮੂੜ ਮੁਗਧ ਤੇਰਾ ਸੰਗੀ ਕਵਨ ॥ਰਾਮੁ ਸੰਗੀ ਤਿਸੁ ਗਤਿ ਨਹੀ ਜਾਨਹਿ ॥ਪੰਚ ਬਟਵਾਰੇ ਸੇ ਮੀਤ ਕਰਿ ਮਾਨਹਿ ॥ ੧ ॥ ਸੋ ਘਰੁ ਸੇਵਿ ਜਿਸੁ ਉਧਰਹਿ ਮੀਤ ॥ ਗੁਣ ਗੋਬਿੰਦ ਰਵੀਅਹਿ ਦਿਨੁ ਰਾਤੀ, ਸਾਧ ਸੰਗਿ ਕਰਿ ਮਨ ਕੀ ਪ੍ਰੀਤਿ ॥ ੧ ॥ ਰਹਾਉ ॥ਜਨਮ ਬਿਹਾਨੋ ਅਹੰਕਾਰਿ ਅਰੁ ਵਾਦਿ ॥ ਤ੍ਰਿਪਤਿ ਨ ਆਵੈ ਬਿਖਿਆ ਸਾਦਿ ॥ ਭਰਮਤ ਭਰਮਤ ਮਹਾ ਦੁਖੁ ਪਾਇਆ ॥ ਤਰੀ ਨ ਜਾਈ ਦੁਤਰ ਮਾਇਆ ॥੨॥ ਕਾਮਿ ਨ ਆਵੈ ਸੁ ਕਾਰ ਕਮਾਵੈ ॥ ਆਪਿ ਬੀਜਿ ਆਪੇ ਹੀ ਖਾਵੈ ॥ ਰਾਖਨ ਕਉ ਦੂਸਰ ਨਹੀ ਕੋਇ ॥ ਤਉ ਨਿਸਤਰੈ ਜਉ ਕਿਰਪਾ ਹੋਇ ॥੩॥ ਪਤਿਤ ਪੁਨੀਤ ਪ੍ਰਭ ਤੇਰੋ ਨਾਮੁ ॥ ਅਪਨੇ ਦਾਸ ਕਉ ਕੀਜੈ ਦਾਨੁ ॥ ਕਰਿ ਕਿਰਪਾ ਪ੍ਰਭ ਗਤਿ ਕਰਿ ਮੇਰੀ ॥ ਸਰਣਿ ਗਹੀ ਨਾਨਕ ਪ੍ਰਭ ਤੇਰੀ ॥੪॥੩੭॥੪੮॥ [ਪੰਨਾ ੮੯੮]

ਪਦ ਅਰਥ :–ਕਿਸੁ ਭਰਵਾਸੈ–(ਪ੍ਰਭੂ ਤੋਂ ਬਿਨਾ ਹੋਰ) ਕਿਸ ਦੇ ਸਹਾਰੇ ? ਬਿਚਰਹਿ–ਤੂੰ ਤੁਰਦਾ ਫਿਰਦਾ ਹੈਂ । ਭਵਨ–ਜਗਤ (ਵਿਚ) । ਮੂੜ–ਹੇ ਮੂਰਖ ! ਮੁਗਧ–ਹੇ ਮੂਰਖ ! ਸੰਗੀ–(ਅਸਲ) ਸਾਥੀ । ਗਤਿ–ਹਾਲਤ, ਅਵਸਥਾ । ਨਹੀ ਜਾਨਹਿ–ਤੂੰ ਨਹੀਂ ਜਾਣਦਾ । ਪੰਚ–ਪੰਜ (ਕਾਮਾਦਿਕ) । ਬਟਵਾਰੇ–ਰਾਹਜ਼ਨ, ਡਾਕੂ । ਸੇ–ਉਹਨਾਂ ਨੂੰ । ਮਾਨਹਿ–ਤੂੰ ਮੰਨਦਾ ਹੈਂ । ੧ ।

ਸੇਵਿ–ਸੇਵਾ ਕਰ; ਮੱਲੀ ਰੱਖ । ਜਿਸੁ–ਜਿਸ ਦੀ ਰਾਹੀਂ । ਉਧਰਹਿ–(ਸੰਸਾਰ-ਸਮੁੰਦਰ ਤੋਂ) ਤੂੰ ਪਾਰ ਲੰਘ ਸਕੇਂ । ਮਤਿ–ਹੇ ਮਿੱਤਰ ! ਰਵੀਅਹਿ–ਚੇਤੇ ਕਰਨੇ ਚਾਹੀਦੇ ਹਨ । ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ । ੧ । ਰਹਾਉ ।

ਜਨਮ ਬਿਹਾਨੋ–ਮਨੁੱਖਾ ਜੀਵਨ ਲੰਘਦਾ ਜਾ ਰਿਹਾ ਹੈ । ਵਾਦਿ–ਵਾਦ ਵਿਚ, ਝਗੜੇ-ਬਖੇੜੇ ਵਿਚ । ਤ੍ਰਿਪਤਿ–ਤਸੱਲੀ, ਰੱਜ । ਬਿਖਿਆ–ਮਾਇਆ । ਸਾਦਿ–ਸੁਆਦ ਵਿਚ । ਭਰਮਤ–ਭਟਕਦਿਆਂ । ਦੁਤਰ–[ਦੁਸ੍ਤਰ] ਜਿਸ ਤੋਂ ਪਾਰ ਲੰਘਣਾ ਔਖਾ ਹੈ । ੨ ।

ਕਾਮਿ–ਕੰਮ ਵਿਚ । ਬੀਜਿ–ਬੀਜ ਕੇ । ਤਉ–ਤਦੋਂ । ਨਿਸਤਰੈ–ਪਾਰ ਲੰਘਦਾ ਹੈ । ਜਉ–ਜਦੋਂ । ੩ ।

ਪਤਿਤ–ਵਿਕਾਰਾਂ ਵਿਚ ਡਿੱਗੇ ਹੋਏ ।ਪੁਨੀਤ–ਪਵਿੱਤਰ । ਪ੍ਰਭੂ–ਹੇ ਪ੍ਰਭੂ ! ਕੀਜੈ–ਦੇਹ । ਗਤਿ–ਉੱਚੀ ਆਤਮਕ ਅਵਸਥਾ । ਗਹੀ–ਫੜੀ । ੪ ।

ਅਰਥ:–ਹੇ ਮਿੱਤਰ! ਉਹ ਘਰ-ਦਰ ਮੱਲੀ ਰੱਖ, ਜਿਸ ਦੀ ਰਾਹੀਂ ਤੂੰ (ਸੰਸਾਰ-ਸਮੁੰਦਰ

ਤੋਂ) ਪਾਰ ਲੰਘ ਸਕੇਂ । ਹੇ ਭਾਈ ! ਗੁਰੂ ਦੀ ਸੰਗਤਿ ਵਿਚ ਆਪਣੇ ਮਨ ਦਾ ਪਿਆਰ ਜੋੜ, (ਉਥੇ ਟਿਕ ਕੇ) ਗੋਬਿੰਦ ਦੇ ਗੁਣ (ਸਦਾ) ਦਿਨ ਰਾਤ ਗਾਏ ਜਾਣੇ ਚਾਹੀਦੇ ਹਨ । ੧ । ਰਹਾਉ ।

ਹੇ ਮੂਰਖ ! (ਪ੍ਰਭੂ ਤੋਂ ਬਿਨਾ ਹੋਰ) ਕਿਸ ਦੇ ਸਹਾਰੇ ਤੂੰ ਜਗਤ ਵਿਚ ਤੁਰਿਆ ਫਿਰਦਾ ਹੈਂ ? ਹੇ ਮੂਰਖ ! (ਪ੍ਰਭੂ ਤੋਂ ਬਿਨਾ ਹੋਰ)ਤੇਰਾ ਕੌਣ ਸਾਥੀ (ਬਣ ਸਕਦਾ ਹੈ) ? ਹੇ ਮੂਰਖ ! ਪਰਮਾਤਮਾ (ਹੀ ਤੇਰਾ ਅਸਲ) ਸਾਥੀ ਹੈ, ਉਸ ਨਾਲ ਤੂੰ ਜਾਣ-ਪਛਾਣ ਨਹੀਂ ਬਣਾਂਦਾ । (ਇਹ ਕਾਮਾਦਿਕ) ਪੰਜ ਡਾਕੂ ਹਨ, ਇਹਨਾਂ ਨੂੰ ਤੂੰ ਆਪਣੇ ਮਿੱਤਰ ਸਮਝ ਰਿਹਾ ਹੈਂ । ੧ ।

ਜੀਵ ਦੀ ਉਮਰ ਅਹੰਕਾਰ ਅਤੇ ਝਗੜੇ-ਬਖੇੜੇ ਵਿਚ ਗੁਜ਼ਰਦੀ ਜਾਂਦੀ ਹੈ, ਮਾਇਆ ਦੇ ਸੁਆਦ ਵਿਚ (ਇਸ ਦੀ ਕਦੇ) ਤਸੱਲੀ ਨਹੀਂ ਹੁੰਦੀ (ਕਦੇ ਰੱਜਦਾ ਹੀ ਨਹੀਂ) । ਭਟਕਦਿਆਂ ਭਟਕਦਿਆਂ ਇਸ ਨੇ ਬੜਾ ਕਸ਼ਟ ਪਾਇਆ ਹੈ । ਮਾਇਆ (ਮਾਨੋ, ਇਕ ਸਮੁੰਦਰ ਹੈ, ਇਸ)ਤੋਂ ਪਾਰ ਲੰਘਣਾ ਬਹੁਤ ਔਖਾ ਹੈ ।(ਪ੍ਰਭੂ ਦੇ ਨਾਮ ਤੋਂ ਬਿਨਾ) ਇਸ ਤੋਂ ਪਾਰ ਨਹੀਂ ਲੰਘਿਆ ਜਾ ਸਕਦਾ । ੨ ।

ਜੀਵ ਸਦਾ ਉਹੀ ਕਾਰ ਕਰਦਾ ਰਹਿੰਦਾ ਹੈ ਜੋ (ਆਖ਼ਰ ਇਸ ਦੇ) ਕੰਮ ਨਹੀਂ ਆਉਂਦੀ, (ਮੰਦੇ ਕੰਮਾਂ ਦੇ ਬੀਜ) ਆਪ ਬੀਜ ਕੇ (ਫਿਰ) ਆਪ ਹੀ (ਉਹਨਾਂ ਦਾ ਦੁੱਖ-ਫਲ) ਖਾਂਦਾ ਹੈ । (ਇਸ ਬਿਪਤਾ ਵਿਚੋਂ) ਬਚਾਣ-ਜੋਗਾ (ਪਰਮਾਤਮਾ ਤੋਂ ਬਿਨਾ) ਕੋਈ ਹੋਰ ਦੂਜਾ ਨਹੀਂ । ਜਦੋਂ (ਪਰਮਾਤਮਾ ਦੀ) ਮਿਹਰ ਹੁੰਦੀ ਹੈ, ਤਦੋਂ ਹੀ ਇਸ ਵਿਚੋਂ ਪਾਰ ਲੰਘਦਾ ਹੈ । ੩ ।

ਹੇ ਨਾਨਕ ! (ਆਖ–) ਹੇ ਪ੍ਰਭੂ ! ਤੇਰਾ ਨਾਮ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿੱਤਰ ਕਰਨ ਵਾਲਾ ਹੈ, (ਮੈਨੂੰ) ਆਪਣੇ ਸੇਵਕ ਨੂੰ (ਆਪਣਾ ਨਾਮ-) ਦਾਨ ਦੇਹ । ਹੇ ਪ੍ਰਭੂ ! ਮੈਂ ਤੇਰਾ ਆਸਰਾ ਲਿਆ ਹੈ, ਮਿਹਰ ਕਰ, ਮੇਰੀ ਆਤਮਕ ਅਵਸਥਾ ਉੱਚੀ ਬਣਾ । ੪ । ੩੭ । ੪੮ ।

ਰਾਮਕਲੀ ਮਹਲਾ ੫ ॥ ਇਹ ਲੋਕੇ ਸੁਖੁ ਪਾਇਆ ॥ ਨਹੀ ਭੇਟਤ ਧਰਮਰਾਇਆ ॥ ਹਰਿ ਦਰਗਹ ਸੋਭਾਵੰਤ ॥ਫੁਨਿ ਗਰਭਿ ਨਾਹੀ ਬਸੰਤ॥ ੧ ॥ਜਾਨੀ ਸੰਤ ਕੀ ਮਿਤ੍ਰਾਈ ॥ਕਰਿ ਕਿਰਪਾ ਦੀਨੋ ਹਰਿ ਨਾਮਾ ਪੂਰਬਿ ਸੰਜੋਗਿ ਮਿਲਾਈ ॥ ੧ ॥ ਰਹਾਉ ॥ ਗੁਰ ਕੈ ਚਰਣਿ ਚਿਤੁ ਲਾਗਾ ॥ ਧੰਨਿ ਧੰਨਿ ਸੰਜੋਗੁ ਸਭਾਗਾ ॥ ਸੰਤ ਕੀ ਧੂਰਿ ਲਾਗੀ ਮੇਰੈ ਮਾਥੇ ॥ ਕਿਲਵਿਖ ਦੁਖ ਸਗਲੇ ਮੇਰੇ ਲਾਥੇ ॥ ੨ ॥ ਸਾਧ ਕੀ ਸਚੁ ਟਹਲ ਕਮਾਨੀ ॥ ਤਬ

ਹੋਏ ਮਨ ਸੁਧ ਪਰਾਨੀ ॥ ਜਨ ਕਾ ਸਫਲ ਦਰਸੁ ਡੀਠਾ ॥ ਨਾਮੁ ਪ੍ਰਭੂ ਕਾ ਘਟਿ ਘਟਿ ਵੂਠਾ ॥੩॥ ਮਿਟਾਨੇ ਸਭਿ ਕਲਿ ਕਲੇਸ ॥ ਜਿਸ ਤੇ ਉਪਜੇ ਤਿਸੁ ਮਹਿ ਪਰਵੇਸ ॥ ਪ੍ਰਗਟੇ ਆਨੂਪ ਗੋੁਵਿੰਦ ॥ ਪ੍ਰਭ ਪੂਰੇ ਨਾਨਕ ਬਖਸਿੰਦ ॥ ੪ ॥ ੩੯ ॥ ੪੯ ॥ [ਪੰਨਾ ੯੯੮]

ਪਦ ਅਰਥ :–ਇਹ ਲੋਕੇ–ਇਸ ਲੋਕ ਵਿਚ, ਸੰਸਾਰ ਵਿਚ। ਭੇਟਤ–ਮਿਲਾਪ ਹੁੰਦਾ, ਵਾਹ ਪੈਂਦਾ। ਫੁਨਿ–ਮੁੜ। ਗਰਭਿ–ਗਰਭ ਵਿਚ, ਜਨਮਾਂ ਦੇ ਗੇੜ ਵਿਚ। ਨਾਹੀ ਬਸੰਤ–ਨਹੀਂ ਵੱਸਦਾ, ਨਹੀਂ ਪੈਂਦਾ। ੧।

ਸੰਤ ਕੀ–ਗੁਰੂ ਦੀ। ਜਾਨੀ–ਮੈਂ ਇਉਂ ਸਮਝੀ ਹੈ। ਕਰਿ–ਕਰ ਕੇ। ਦੀਨੋ–ਦਿੱਤਾ। ਪੂਰਬਿ ਸੰਜੋਗਿ–ਪੂਰਬਲੇ ਸੰਜੋਗ ਦੀ ਰਾਹੀਂ। ੧। ਰਹਾਉ।

ਕੈ ਚਰਣਿ–ਦੇ ਚਰਨ ਵਿਚ। ਧੰਨਿ–ਮੁਬਾਰਿਕ। ਸੰਜੋਗੁ–ਮਿਲਾਪ ਦਾ ਅਵਸਰ। ਸਭਾਗਾ–ਭਾਗਾਂ ਵਾਲਾ। ਕਿਲਵਿਖ–ਪਾਪ। ਸਗਲੇ–ਸਾਰੇ। ੨।

ਸਚੁ–ਨਿਸ਼ਚਾ ਧਾਰ ਕੇ। ਪਰਾਨੀ–ਹੇ ਪ੍ਰਾਣੀ! ਸਫਲ–ਫਲ ਦੇਣ ਵਾਲਾ। ਦਰਸੁ–ਦਰਸ਼ਨ। ਘਟਿ–ਸਰੀਰ ਵਿਚ। ਘਟਿ ਘਟਿ–ਹਰੇਕ ਸਰੀਰ ਵਿਚ। ਵੂਠਾ–ਵੱਸਿਆ ਹੋਇਆ। ੩।

ਸਭਿ–ਸਾਰੇ। ਕਲਿ–ਝਗੜੇ। ਕਲੇਸ–ਦੁੱਖ। ਜਿਸ ਤੇ–[ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਜਿਸੁ' ਦਾ _ ਉੱਡ ਗਿਆ ਹੈ] ਜਿਸ (ਪ੍ਰਭੂ) ਤੋਂ। ਪਰਵੇਸ–ਲੀਨਤਾ। ਆਨੂਪ–ਜਿਸ ਵਰਗਾ ਹੋਰ ਕੋਈ ਨਹੀਂ [ਅਨ-ਊਪ], ਬੇਅੰਤ ਸੁੰਦਰ। ਬਖਸਿੰਦ–ਬਖ਼ਸ਼ਸ਼ਾਂ ਕਰਨ ਵਾਲਾ। ੪।

ਅਰਥ :–ਹੇ ਭਾਈ! ਪੂਰਬਲੇ ਸੰਜੋਗ ਦੇ ਕਾਰਨ (ਤੈਨੂੰ ਗੁਰੂ ਦੀ ਮਿੱਤ੍ਰਤਾ) ਪ੍ਰਾਪਤ ਹੋਈ ਹੈ। (ਗੁਰੂ ਨੇ)ਕਿਰਪਾ ਕਰ ਕੇ (ਮੈਨੂੰ) ਪਰਮਾਤਮਾ ਦਾ ਨਾਮ ਦੇ ਦਿੱਤਾ ਹੈ। (ਸੋ ਹੁਣ) ਮੈਂ ਗੁਰੂ ਦੀ ਕਦਰ ਸਮਝ ਲਈ ਹੈ। ੧। ਰਹਾਉ।

(ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਦੀ ਮਿੱਤ੍ਰਤਾ ਪ੍ਰਾਪਤ ਹੁੰਦੀ ਹੈ ਉਸ ਨੇ) ਇਸ ਜਗਤ ਵਿਚ (ਆਤਮਕ) ਸੁਖ ਮਾਣਿਆ, (ਪਰਲੋਕ ਵਿਚ) ਉਸ ਨੂੰ ਧਰਮਰਾਜ ਨਾਲ ਵਾਹ ਨਾਂਹ ਪਿਆ। ਉਹ ਮਨੁੱਖ ਪਰਮਾਤਮਾ ਦੀ ਹਜ਼ੂਰੀ ਵਿਚ ਸੋਭਾ ਵਾਲਾ ਬਣਦਾ ਹੈ, ਮੁੜ ਮੁੜ ਜਨਮਾਂ ਦੇ ਗੇੜ ਵਿਚ (ਭੀ) ਨਹੀਂ ਪੈਂਦਾ। ੧।

ਹੇ ਭਾਈ! ਉਹ ਸੰਜੋਗ ਮੁਬਾਰਿਕ ਸੀ, ਮੁਬਾਰਿਕ ਸੀ, ਭਾਗਾਂ ਵਾਲਾ ਸੀ, ਜਦੋਂ ਗੁਰੂ ਦੇ ਚਰਨਾਂ ਵਿਚ. ਮੇਰਾ ਚਿੱਤ ਜੁੜਿਆ ਸੀ। ਹੇ ਭਾਈ! ਗੁਰੂ ਦੀ ਚਰਨ-ਧੂੜ ਮੇਰੇ ਮੱਥੇ ਉੱਤੇ ਲੱਗੀ, ਮੇਰੇ ਸਾਰੇ ਪਾਪ ਤੇ ਦੁੱਖ ਦੂਰ ਹੋ ਗਏ। ੨।

ਹੇ ਪ੍ਰਾਣੀ ! (ਉਂਞ ਤਾਂ) ਪਰਮਾਤਮਾ ਦਾ ਨਾਮ ਹਰੇਕ ਹਿਰਦੇ ਵਿਚ ਵੱਸ ਰਿਹਾ ਹੈ, ਪਰ ਜਿਸ ਨੇ ਗੁਰੂ ਦਾ ਦਰਸ਼ਨ ਕਰ ਲਿਆ, ਉਸ ਨੂੰ ਇਸ ਨਾਮ ਫਲ ਦੀ ਪ੍ਰਾਪਤੀ ਹੋਈ। ਹੇ ਪ੍ਰਾਣੀ ! ਜਦੋਂ ਜੀਵ ਸਰਧਾ ਧਾਰ ਕੇ ਗੁਰੂ ਦੀ ਸੇਵਾ-ਟਹਿਲ ਕਰਦੇ ਹਨ, ਤਦੋਂ ਉਹਨਾਂ ਦੇ ਮਨ ਪਵਿੱਤ੍ਰ ਹੋ ਜਾਂਦੇ ਹਨ। ੩।

ਹੇ ਨਾਨਕ ! (ਗੁਰੂ ਦੇ ਮਿਲਾਪ ਦੀ ਬਰਕਤਿ ਨਾਲ) ਸਾਰੇ (ਮਾਨਸਕ) ਝਗੜੇ ਤੇ ਦੁੱਖ ਮਿਟ ਜਾਂਦੇ ਹਨ। ਜਿਸ ਪ੍ਰਭੂ ਤੋਂ ਜੀਵ ਪੈਦਾ ਹੋਏ ਹਨ ਉਸੇ ਵਿਚ ਉਹਨਾਂ ਦੀ ਲੀਨਤਾ ਹੋ ਜਾਂਦੀ ਹੈ। ਉਹ ਬਖ਼ਸ਼ਣਹਾਰ ਪੂਰਨ ਪ੍ਰਭੂ ਸੋਹਣਾ ਗੋਬਿੰਦ (ਹਿਰਦੇ ਵਿਚ) ਪਰਗਟ ਹੋ ਜਾਂਦਾ ਹੈ। ੪। ੩੮। ੪੯।

ਰਾਮਕਲੀ ਮਹਲਾ ੫ ॥ ਗਊ ਕਉ ਚਾਰੇ ਸਾਰਦੂਲੁ ॥ ਕਉਡੀ ਕਾ ਲਖ ਹੂਆ ਮੂਲੁ ॥ ਬਕਰੀ ਕਉ ਹਸਤੀ ਪ੍ਰਤਿਪਾਲੇ ॥ ਅਪਨਾ ਪ੍ਰਭੁ ਨਦਰਿ ਨਿਹਾਲੇ ॥ ੧ ॥ ਕ੍ਰਿਪਾ ਨਿਧਾਨ ਪ੍ਰੀਤਮ ਪ੍ਰਭ ਮੇਰੇ ॥ ਬਰਨਿ ਨ ਸਾਕਉ ਬਹੁ ਗੁਨ ਤੇਰੇ ॥੧॥ ਰਹਾਉ ॥ ਦੀਸਤ ਮਾਸੁ ਨ ਖਾਇ ਬਿਲਾਈ॥ ਮਹਾ ਕਸਾਬਿ ਛੁਰੀ ਸਟਿ ਪਾਈ ॥ ਕਰਣਹਾਰ ਪ੍ਰਭੁ ਹਿਰਦੈ ਵੂਠਾ ॥ ਫਾਥੀ ਮਛੁਲੀ ਕਾ ਜਾਲਾ ਤੂਟਾ ॥ ੨ ॥ ਸੂਕੇ ਕਾਸਟ ਹਰੇ ਚਲੂਲ ॥ ਊਚੇ ਥਲਿ ਫੂਲੇ ਕਮਲ ਅਨੂਪ ॥ ਅਗਨਿ ਨਿਵਾਰੀ ਸਤਿਗੁਰ ਦੇਵ ॥ ਸੇਵਕੁ ਅਪਨੀ ਲਾਇਓ ਸੇਵ॥ ੪ ॥ ਅਕਿਰਤਘਣਾ ਕਾ ਕਰੇ ਉਧਾਰੁ॥ ਪ੍ਰਭੁ ਮੇਰਾ ਹੈ ਸਦਾ ਦਇਆਰੁ॥ਸੰਤ ਜਨਾ ਕਾ ਸਦਾ ਸਹਾਈ ॥ ਚਰਨ ਕਮਲ ਨਾਨਕ ਸਰਣਾਈ ॥੪॥੩੯॥ ੫੦॥ [ਪੰਨਾ ੯੯੮]

ਪਦ ਅਰਥ :–ਗਊ–ਗਿਆਨ-ਇੰਦ੍ਰੇ। ਕਉ–ਨੂੰ। ਚਾਰੇ–ਚਾਰਦਾ ਹੈ, ਵੱਸ ਵਿਚ ਰੱਖਦਾ ਹੈ। ਸਾਰਦੂਲੁ–ਸ਼ੇਰ, ਵਿਕਾਰਾਂ ਦੇ ਭਾਰ ਹੇਠੋਂ ਨਿਕਲ ਕੇ ਬਲਵਾਨ ਹੋ ਚੁਕਾ ਮਨ। ਮੂਲ–ਮੁੱਲ, ਕੀਮਤ। ਬਕਰੀ–ਗਰੀਬੀ-ਸੁਭਾਉ। ਹਸਤੀ–ਹਾਥੀ, ਜੋ ਮਨ ਪਹਿਲਾਂ ਅਹੰਕਾਰੀ ਸੀ। ਨਦਰਿ–ਮਿਹਰ ਦੀ ਨਿਗਾਹ। ਨਿਹਾਲੇ–ਤੱਕਦਾ ਹੈ, ਵੇਖਦਾ ਹੈ। ੧।

ਨਿਧਾਨ–ਖ਼ਜ਼ਾਨਾ। ਕ੍ਰਿਪਾ ਨਿਧਾਨ–ਹੇ ਦਇਆ ਦੇ ਖ਼ਜ਼ਾਨੇ ! ਪ੍ਰਭ–ਹੇ ਪ੍ਰਭੂ ! ਬਰਨਿ ਨ ਸਾਕਉ–[ਸਾਕਉਂ] ਮੈਂ ਬਿਆਨ ਨਹੀਂ ਕਰ ਸਕਦਾ। ੧। ਰਹਾਉ।

ਦੀਸਤ–(ਸਾਹਮਣੇ) ਦਿੱਸ ਰਿਹਾ। ਬਿਲਾਈ–ਬਿੱਲੀ, ਮਨ ਦੀ ਤ੍ਰਿਸ਼ਨਾ। ਕਸਾਬਿ –ਕਸਾਬ ਨੇ, ਕਸਾਈ ਨੇ, ਨਿਰਦਈ ਮਨ ਨੇ। ਸਟਿ ਪਾਈ–ਹੱਥੋਂ ਸੁੱਟ ਦਿੱਤੀ ਹੈ। ਕਰਣਹਾਰ ਪ੍ਰਭੂ–ਸਭ ਤਰ੍ਹਾਂ ਦੀ ਸਮਰੱਥਾ ਰੱਖਣ ਵਾਲਾ ਪ੍ਰਭੂ। ਹਿਰਦੈ–ਹਿਰਦੇ ਵਿਚ। ਵੂਠਾ–ਆ ਵੱਸਿਆ। ਫਾਥੀ–ਫਸੀ ਹੋਈ। ੨।

ਕਾਸਟ--ਕਾਠ। ਹਰੇ ਚਲੂਲ—ਚੁਹ-ਚੁਹ ਕਰਦੇ ਹਰੇ। ਊਚੈ ਥਲਿ—ਉੱਚੇ ਥਲ ਵਿਚ,ਅਹੰਕਾਰੇ ਹੋਏ ਮਨ ਵਿਚ। ਅਨੂਪ—ਸੁੰਦਰ,ਬੇ-ਮਿਸਾਲ। ਅਗਨਿ—ਅੱਗ,ਤ੍ਰਿਸ਼ਨਾ ਦੀ ਅੱਗ। ਨਿਵਾਰਿ—ਦੂਰ ਕਰ ਦਿੱਤੀ। ਸੇਵ—ਸੇਵਾ। ੩।

ਅਕਿਰਤਘਣ—[ਕ੍ਰਿਤਘ੍ਨ] ਕੀਤੇ ਉਪਕਾਰ ਨੂੰ ਭੁਲਾਣ ਵਾਲਾ,ਨਾ-ਸ਼ੁਕਰਾ।ਉਧਾਰੁ —ਪਾਰ-ਉਤਾਰਾ। ਦਇਆਰੁ—ਦਇਆਲ। ਸਹਾਈ—ਮਦਦਗਾਰ। ਨਾਨਕ—ਹੇ ਨਾਨਕ!

ਅਰਥ :—ਹੇ ਮੇਰੇ ਪ੍ਰੀਤਮ ਪ੍ਰਭੂ ! ਹੇ ਕਿਰਪਾ ਦੇ ਖ਼ਜ਼ਾਨੇ ਪ੍ਰਭੂ !ਤੇਰੇ ਅਨੇਕਾਂ ਗੁਣ ਹਨ, ਮੈਂ (ਸਾਰੇ) ਬਿਆਨ ਨਹੀਂ ਕਰ ਸਕਦਾ। ੧। ਰਹਾਉ।

(ਹੇ ਭਾਈ ! ਦੁਨੀਆ ਦੇ ਧਨ—ਪਦਾਰਥ ਦੇ ਕਾਰਨ ਮਨੁੱਖ ਦਾ ਮਨ ਆਮ ਤੌਰ ਤੇ ਅਹੰਕਾਰ ਨਾਲ ਹਾਥੀ ਬਣਿਆ ਰਹਿੰਦਾ ਹੈ, ਪਰ) ਜਦੋਂ ਪਿਆਰਾ ਪ੍ਰਭੂ ਮਿਹਰ ਦੀ ਨਿਗਾਹ ਨਾਲ ਤੱਕਦਾ ਹੈ ਤਾਂ (ਪਹਿਲਾ ਅਹੰਕਾਰੀ) ਹਾਥੀ (ਮਨ) ਬੱਕਰੀ (ਵਾਲੇ ਗਰੀਬੀ ਸੁਭਾਉ) ਨੂੰ (ਆਪਣੇ ਅੰਦਰ)ਸੰਭਾਲਦਾ ਹੈ। (ਪ੍ਰਭੂ ਦੀ ਕਿਰਪਾ ਨਾਲ ਵਿਕਾਰਾਂ ਦੀ ਮਾਰ ਤੋਂ ਬਚ ਕੇ) ਸ਼ੇਰ (ਹੋਇਆ ਮਨ) ਗਿਆਨ-ਇੰਦ੍ਰਿਆਂ ਨੂੰ ਆਪਣੇ ਵੱਸ ਵਿਚ ਰੱਖਣ ਲੱਗ ਪੈਂਦਾ ਹੈ। (ਵਿਕਾਰਾਂ ਵਿਚ ਫਸਿਆ ਜੀਵ ਪਹਿਲਾਂ) ਕੌਡੀ (ਸਮਾਨ ਤੁੱਛ ਹਸਤੀ ਵਾਲਾ ਹੋ ਗਿਆ ਸੀ, ਹੁਣ ਉਸ) ਦਾ ਮੁੱਲ (ਮਾਨੋਂ) ਲੱਖਾਂ ਰੁਪਏ ਹੋ ਗਿਆ।੧।

(ਹੇ ਭਾਈ ! ਜਦੋਂ ਆਪਣਾ ਪ੍ਰਭੂ ਮਿਹਰ ਦੀ ਨਜ਼ਰ ਨਾਲ ਵੇਖਦਾ ਹੈ ਤਾਂ) ਬਿੱਲੀ ਦਿੱਸ ਰਿਹਾ ਮਾਸ ਨਹੀਂ ਖਾਂਦੀ (ਮਨ ਦੀ ਤ੍ਰਿਸ਼ਨਾ ਮੁੱਕ ਜਾਂਦੀ ਹੈ,ਮਨ ਮਾਇਕ ਪਦਾਰਥਾਂ ਵਲ ਨਹੀਂ ਤੱਕਦਾ)। ਪ੍ਰਭੂ (ਦੀ ਕਿਰਪਾ ਨਾਲ) ਵਡੇ ਕਸਾਈ (ਨਿਰਦਈ ਮਨ) ਨੇ ਆਪਣੇ ਹੱਥੋਂ ਛੁਰੀ ਸੁੱਟ ਦਿੱਤੀ (ਨਿਰਦਇਤਾ ਦਾ ਸੁਭਾਉ ਤਿਆਗ ਦਿੱਤਾ)। ਸਭ ਕੁਝ ਕਰ ਸਕਣ ਵਾਲਾ ਪ੍ਰਭੂ ਜਦੋਂ (ਆਪਣੀ ਕਿਰਪਾ ਨਾਲ ਜੀਵ ਦੇ) ਹਿਰਦੇ ਵਿਚ ਆ ਵੱਸਿਆ, ਤਦੋਂ (ਮਾਇਆ ਦੇ ਮੋਹ ਦੇ ਜਾਲ ਵਿਚ) ਫਸੀ ਹੋਈ (ਜੀਵ-) ਮੱਛੀ ਦਾ ਮਾਇਆ ਦੇ ਮੋਹ ਦਾ) ਜਾਲ ਟੁੱਟ ਗਿਆ। ੨।

(ਜਦੋਂ ਮਿਹਰ ਹੋਈ ਤਾਂ) ਸੁੱਕੇ ਹੋਏ ਕਾਠ ਚੁਹ-ਚੁਹ ਕਰਦੇ ਹਰੇ ਹੋ ਗਏ (ਮਨ ਦਾ ਰੁੱਖਾਪਨ ਦੂਰ ਹੋ ਕੇ ਜੀਵ ਦੇ ਅੰਦਰ ਦਇਆ ਪੈਦਾ ਹੋ ਗਈ), ਉੱਚੇ ਟਿੱਬੇ ਉੱਤੇ ਸੋਹਣੇ ਕੌਲ-ਫੁੱਲ ਖਿੜ ਪਏ (ਜਿਸ ਆਕੜੇ ਹੋਏ ਮਨ ਉਤੇ ਪਹਿਲਾਂ ਹਰਿ-ਨਾਮ ਦੀ ਵਰਖਾ ਦਾ ਕੋਈ ਅਸਰ ਨਹੀਂ ਸੀ ਹੁੰਦਾ, ਹੁਣ ਉਹ ਖਿੜ ਪਿਆ)। ਪਿਆਰੇ ਸਤਿਗੁਰੂ ਨੇ ਤ੍ਰਿਸ਼ਨਾ ਦੀ ਅੱਗ ਦੂਰ ਕਰ ਦਿੱਤੀ, ਸੇਵਕ ਨੂੰ ਆਪਣੀ ਸੇਵਾ ਵਿਚ ਜੋੜ ਲਿਆ। ੩।

ਹੇ ਭਾਈ ! ਮੇਰਾ ਪ੍ਰਭੂ ਸਦਾ ਦਇਆ ਦਾ ਘਰ ਹੈ, ਉਹ ਨਾ-ਸ਼ੁਕਰਿਆਂ ਦਾ ਪਾਰ-ਉਤਾਰਾ ਕਰਦਾ ਹੈ। ਹੇ ਨਾਨਕ ! (ਆਖ–) ਪ੍ਰਭੂ ਆਪਣੇ ਸੰਤਾਂ ਦਾ ਸਦਾ ਮਦਦਗਾਰ ਹੁੰਦਾ ਹੈ,ਸੰਤ ਜਨ ਸਦਾ ਉਸ ਦੇ ਸੋਹਣੇ ਚਰਨਾਂ ਦੀ ਸਰਨ ਪਏ ਰਹਿੰਦੇ ਹਨ।੪।੩੯।੫੦।

ਰਾਮਕਲੀ ਮਹਲਾ ੫ ॥ ਪੰਚ ਸਿੰਘ ਰਾਖੇ ਪ੍ਰਭਿ ਮਾਰਿ ॥ ਦਸ ਬਿਘਿਆੜੀ ਲਈ ਨਿਵਾਰਿ ॥ ਤੀਨਿ ਆਵਰਤ ਕੀ ਚੂਕੀ ਘੇਰ ॥ ਸਾਧ ਸੰਗਿ ਚੂਕੇ ਭੈ ਫੇਰ ॥ ੧ ॥ ਸਿਮਰਿ ਸਿਮਰਿ ਜੀਵਾ ਗੋਵਿੰਦ ॥ ਕਰਿ ਕਿਰਪਾ ਰਾਖਿਓ ਦਾਸੁ ਅਪਨਾ ਸਦਾ ਸਦਾ ਸਾਚਾ ਬਖਸਿੰਦ ॥੧॥ ਰਹਾਉ ॥ ਦਾਝਿ ਗਏ ਤ੍ਰਿਣ ਪਾਪ ਸੁਮੇਰ ॥ ਜਪਿ ਜਪਿ ਨਾਮੁ ਪੂਜੇ ਪ੍ਰਭ ਪੈਰ ॥ ਅਨਦ ਰੂਪ ਪ੍ਰਗਟਿਓ ਸਭ ਥਾਨਿ ॥ ਪ੍ਰੇਮ ਭਗਤਿ ਜੋਰੀ ਸੁਖ ਮਾਨਿ ॥ ੨ ॥ਸਾਗਰੁ ਤਰਿਓ ਬਾਛਰ ਖੋਜ॥ਖੇਦੁ ਨ ਪਾਇਓ ਨਹ ਫੁਨਿ ਰੋਜ ॥ ਸਿੰਧੁ ਸਮਾਇਓ ਘਟੁਕੇ ਮਾਹਿ ॥ ਕਰਣਹਾਰ ਕਉ ਕਿਛੁ ਅਚਰਜੁ ਨਾਹਿ ॥ ੩ ॥ ਜਉ ਛੂਟਉ ਤਉ ਜਾਇ ਪਇਆਲ ॥ ਜਉ ਕਾਢਿਓ ਤਉ ਨਦਰਿ ਨਿਹਾਲ ॥ ਪਾਪ ਪੁੰਨ ਹਮਰੈ ਵਸਿ ਨਾਹਿ ॥ ਰਸਕਿ ਰਸਕਿ ਨਾਨਕ ਗੁਣ ਗਾਹਿ ॥੪॥ ੪੦॥੫੧॥ [ਪੰਨਾ ੮੯੯]

ਪਦ ਅਰਥ :–ਪੰਚ ਸਿੰਘ–ਪੰਜ (ਕਾਮਾਦਿਕ) ਸ਼ੇਰ। ਪ੍ਰਭਿ–ਪ੍ਰਭੂ ਨੇ। ਮਾਰਿ ਰਾਖੇ–ਮਾਰ ਮੁਕਾਏ। ਬਿਘਿਆੜੀ–ਇੰਦ੍ਰੀਆਂ। ਨਿਵਾਰਿ ਲਈ–ਦੂਰ ਕਰ ਦਿੱਤੀ। ਤੀਨਿ–ਮਾਇਆ ਦੇ ਤਿੰਨ ਗੁਣ। ਆਵਰਤ–ਘੁੰਮਣ-ਘੇਰੀ। ਚੂਕੀ–ਮੁੱਕ ਗਈ। ਘੇਰ –ਭਵਾਂਟੀ। ਸਾਧ ਸੰਗਿ–ਗੁਰੂ ਦੀ ਸੰਗਤਿ ਵਿਚ। ਭੈ–[ਲਫ਼ਜ਼ 'ਭਉ' ਤੋਂ ਬਹੁ ਵਚਨ] ਸਾਰੇ ਡਰ। ਫੇਰ–(ਜਨਮ ਮਰਨ ਦੇ) ਗੇੜ। ੧।

ਜੀਵਾ–ਜੀਵਾਂ, ਮੈਂ ਜੀਊਂਦਾ ਹਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ। ਕਰਿ–ਕਰ ਕੇ। ਸਾਚਾ–ਸਦਾ ਕਾਇਮ ਰਹਿਣ ਵਾਲਾ। ਬਖਸਿੰਦ–ਬਖ਼ਸ਼ਸ਼ ਕਰਨ ਵਾਲਾ, ਬਖ਼ਸ਼ਿੰਦ। ੧। ਰਹਾਉ।

ਦਾਝਿ ਗਏ–ਸੜ ਗਏ। ਤ੍ਰਿਣ–ਘਾਹ ਦੇ ਤੀਲੇ। ਪਾਪ ਸੁਮੇਰ–ਸੁਮੇਰ ਪਰਬਤ ਜੇਡੇ ਵੱਡੇ ਪਾਪ। ਪ੍ਰਭ ਪੈਰ–ਪ੍ਰਭੂ ਦੇ ਪੈਰ। ਅਨਦ ਰੂਪ–ਆਨੰਦ-ਸਰੂਪ ਪ੍ਰਭੂ। ਸਭ ਥਾਨਿ–ਹਰੇਕ ਥਾਂ ਵਿਚ (ਵੱਸਦਾ)। ਸੁਖ ਮਾਨਿ–ਸੁਖ ਮਾਣਿ। ਪ੍ਰੇਮ ਭਗਤਿ ਸੁਖ ਮਾਨਿ –ਸੁਖਾਂ ਦੀ ਮਣੀ ਪ੍ਰੇਮਾ ਭਗਤੀ ਵਿਚ। ਜੋਰਿ–(ਸੁਰਤਿ) ਜੋੜੀ। ੨।

ਸਾਗਰੁ–(ਸੰਸਾਰ-) ਸਮੁੰਦਰ। ਬਾਛਰ–ਵੱਛਾ। ਖੋਜ–ਖੁਰ ਦਾ ਨਿਸ਼ਾਨ। ਖੇਦੁ– ਦੁੱਖ। ਫੁਨਿ–ਮੁੜ। ਰੋਜ–ਰੁਜ਼ਤਾਪ, ਗ਼ਮ। ਸਿੰਧੁ–ਸਮੁੰਦਰ। ਘਟੁਕਾ–ਨਿੱਕਾ ਜਿਹਾ ਘੜਾ। ਘਟੁਕੇ ਮਾਹਿ–ਨਿੱਕੇ ਜਿਹੇ ਘੜੇ ਵਿਚ [ਨੋਟ ! 'ਘਟੁ ਕੇ ਮਾਹਿ' ਪਦ-ਛੇਦ ਗਲਤ ਹੈ। ਜੇ ਇਹ ਹੁੰਦਾ, ਤਾਂ ਸੰਬੰਧਕ 'ਕੇ' ਦੇ ਕਾਰਨ ਲਫ਼ਜ਼ 'ਘਟੁ' ਦਾ _ ਉੱਡ ਜਾਂਦਾ]। ਅਚਰਜੁ–ਅਨੋਖੀ ਗੱਲ। ੩।

ਜਉ—ਜਦੋਂ । ਛੂਟਉ—ਪੱਲਾ ਛੁੱਟ ਜਾਂਦਾ ਹੈ । ਤਉ—ਤਦੋਂ । ਜਾਇ—(ਜੀਵ) ਜਾ ਪੈਂਦਾ ਹੈ । ਪਇਆਲ—ਪਾਤਾਲ (ਵਿਚ) । ਕਾਢਿਓ—(ਪਾਤਾਲ ਵਿਚੋਂ) ਕੱਢ ਲਿਆ । ਨਿਹਾਲ—ਪ੍ਰਸੰਨ, ਪੂਰਨ ਤੌਰ ਤੇ ਖ਼ੁਸ਼ । ਹਮਰੈ ਵਸਿ—ਸਾਡੇ ਵੱਸ ਵਿਚ । ਰਸਕਿ—ਰਸ ਨਾਲ, ਰਸ ਲੈ ਲੈ ਕੇ । ਗਾਹਿ—[ਬਹੁ ਵਚਨ] ਗਾਂਦੇ ਹਨ (ਜੀਵ) । ੪ ।

ਅਰਥ :—ਹੇ ਭਾਈ ! ਮੈਂ ਪਰਮਾਤਮਾ (ਦਾ ਨਾਮ) ਮੁੜ ਮੁੜ ਸਿਮਰ ਕੇ ਆਤਮਕ ਜੀਵਨ ਹਾਸਲ ਕਰਦਾ ਹਾਂ । ਮੈਨੂੰ ਦਾਸ ਨੂੰ ਪਰਮਾਤਮਾ ਨੇ ਕਿਰਪਾ ਕਰ ਕੇ (ਆਪ ਹੀ ਕਾਮਾਦਿਕ ਵਿਕਾਰਾਂ ਤੋਂ) ਬਚਾ ਰੱਖਿਆ ਹੈ । ਸਦਾ ਕਾਇਮ ਰਹਿਣ ਵਾਲਾ ਮਾਲਕ ਸਦਾ ਹੀ ਬਖ਼ਸ਼ਸ਼ਾਂ ਕਰਨ ਵਾਲਾ ਹੈ । ੧ । ਰਹਾਉ ।

(ਹੇ ਭਾਈ ! ਜਿਉਂ ਜਿਉਂ ਮੈਂ ਪ੍ਰਭੂ ਨੂੰ ਸਿਮਰਿਆ ਹੈ) ਪ੍ਰਭੂ ਨੇ (ਮੇਰੇ ਅੰਦਰੋਂ) ਪੰਜ ਕਾਮਾਦਿਕ ਸ਼ੇਰ ਮਾਰ ਮੁਕਾਏ ਹਨ, ਦਸ ਇੰਦ੍ਰੀਆਂ ਦਾ ਦਬਾਉ ਭੀ ਮੇਰੇ ਉਤੋਂ ਦੂਰ ਕਰ ਦਿੱਤਾ ਹੈ । ਮਾਇਆ ਦੇ ਤਿੰਨ ਗੁਣਾਂ ਦੀ ਘੁੰਮਣ-ਘੇਰੀ ਦਾ ਚੱਕਰ(ਭੀ)ਮੁੱਕ ਗਿਆ ਹੈ । ਗੁਰੂ ਦੀ ਸੰਗਤਿ ਵਿਚ (ਰਹਿਣ ਕਰਕੇ) ਜਨਮ ਮਰਨ ਗੇੜ ਦੇ ਸਾਰੇ ਡਰ ਭੀ ਖ਼ਤਮ ਹੋ ਗਏ ਹਨ । ੧ ।

ਹੇ ਭਾਈ ! ਜਦੋਂ ਕੋਈ ਜੀਵ ਪਰਮਾਤਮਾ ਦਾ ਨਾਮ ਜਪ ਜਪ ਕੇ ਉਸ ਦੇ ਚਰਨ ਪੂਜਣੇ ਸ਼ੁਰੂ ਕਰਦਾ ਹੈ, ਤਾਂ ਉਸ ਦੇ ਸੁਮੇਰ ਪਰਬਤ ਜੇਡੇ ਹੋ ਚੁਕੇ ਪਾਪ ਘਾਹ ਦੇ ਤੀਲਿਆਂ ਵਾਂਗ ਸੜ ਜਾਂਦੇ ਹਨ । ਜਦੋਂ ਕਿਸੇ ਨੇ ਸੁਖਾਂ ਦੀ ਮਣੀ ਪ੍ਰਭੂ ਦੀ ਪ੍ਰੇਮ ਭਗਤੀ ਵਿਚ ਆਪਣੀ ਸੁਰਤਿ ਜੋੜੀ, ਤਾਂ ਉਸ ਨੂੰ ਆਨੰਦ-ਸਰੂਪ ਪ੍ਰਭੂ ਹਰੇਕ ਥਾਂ ਵਿਚ ਵੱਸਦਾ ਦਿੱਸ ਪਿਆ । ੨ ।

(ਹੇ ਭਾਈ ! ਜਿਸ ਨੇ ਭੀ ਨਾਮ ਜਪਿਆ ਉਸ ਨੇ) ਸੰਸਾਰ-ਸਮੁੰਦਰ ਇਉਂ ਤਰ ਲਿਆ ਜਿਵੇਂ (ਪਾਣੀ ਨਾਲ ਭਰਿਆ ਹੋਇਆ) ਵੱਛੇ ਦੇ ਖੁਰ ਦਾ ਨਿਸ਼ਾਨ ਹੈ; ਨਾਂਹ ਉਸ ਨੂੰ ਕੋਈ ਦੁੱਖ ਪੁੋਹਦਾ ਹੈ ਨਾਂਹ ਕੋਈ ਚਿੰਤਾ-ਫ਼ਿਕਰ । ਪ੍ਰਭੂ ਉਸ ਦੇ ਅੰਦਰ ਇਉਂ ਆ ਟਿਕਦਾ ਹੈ ਜਿਵੇਂ ਸਮੁੰਦਰ (ਮਾਨੋ) ਇਕ ਨਿੱਕੇ ਜਿਹੇ ਘੜੇ ਵਿਚ ਆ ਟਿਕੇ । ਹੇ ਭਾਈ ! ਸਿਰਜਨਹਾਰ ਪ੍ਰਭੂ ਵਾਸਤੇ ਇਹ ਕੋਈ ਅਨੋਖੀ ਗੱਲ ਨਹੀਂ ਹੈ । ੩ ।

(ਹੇ ਭਾਈ !) ਜਦੋਂ (ਕਿਸੇ ਜੀਵ ਦੇ ਹੱਥੋਂ ਪ੍ਰਭੂ ਦਾ ਪੱਲਾ) ਛੁੱਟ ਜਾਂਦਾ ਹੈ, ਤਦੋਂ ਉਹ (ਮਾਨੋ) ਪਾਤਾਲ ਵਿਚ ਜਾ ਪੈਂਦਾ ਹੈ । ਜਦੋਂ ਪ੍ਰਭੂ ਆਪ ਉਸ ਨੂੰ ਪਾਤਾਲ ਵਿਚੋਂ ਕੱਢ ਲੈਂਦਾ ਹੈ ਤਦੋਂ ਉਸ ਦੀ ਮਿਹਰ ਦੀ ਨਿਗਾਹ ਨਾਲ ਉਹ ਤਨੋਂ ਮਨੋਂ ਖਿੜ ਜਾਂਦਾ ਹੈ । ਹੇ ਨਾਨਕ !(ਆਖ—ਹੇ ਭਾਈ !)ਚੰਗੇ ਮਾੜੇ ਕੰਮ ਕਰਨੇ ਅਸਾਂ ਜੀਵਾਂ ਦੇ ਵੱਸ ਵਿਚ ਨਹੀਂ ਹਨ, (ਜਿਨ੍ਹਾਂ ਉਤੇ ਉਹ ਮਿਹਰ ਕਰਦਾ ਹੈ, ਉਹ ਬੰਦੇ) ਬੜੇ ਪ੍ਰੇਮ ਨਾਲ ਉਸ ਦੇ ਗੁਣ ਗਾਂਦੇ ਹਨ । ੪ । ੪੦ । ੫੧ ।

ਰਾਮਕਲੀ ਮਹਲਾ ੫ ॥ ਨਾ ਤਨੁ ਤੇਰਾ ਨਾ ਮਨੁ ਤੋਹਿ ॥ ਮਾਇਆ ਮੋਹਿ ਬਿਆਪਿਆ ਧੋਹਿ ॥ ਕੁਦਮ ਕਰੈ ਗਾਡਰ ਜਿਉ ਛੇਲ ॥ ਅਚਿੰਤੁ ਜਾਲੁ ਕਾਲੁ ਚਕ੍ਰੁ ਪੇਲ ॥ ੧ ॥ ਹਰਿ ਚਰਨ ਕਮਲ ਸਰਨਾਇ ਮਨਾ ॥ ਰਾਮਨਾਮੁ ਜਪਿ ਸੰਗਿ ਸਹਾਈ ਗੁਰਮੁਖਿ ਪਾਵਹਿ ਸਾਚੁ ਧਨਾ ॥ ੧ ॥ ਰਹਾਉ ॥ ਊਨੇ ਕਾਜ ਨ ਹੋਵਤ ਪੂਰੇ ॥ ਕਾਮਿ ਕ੍ਰੋਧਿ ਮਦਿ ਸਦ ਹੀ ਝੂਰੇ ॥ ਕਰੈ ਬਿਕਾਰ ਜੀਅਰੇ ਕੈ ਤਾਈ ॥ ਗਾਫਲ ਸੰਗਿ ਨ ਤਸੂਆ ਜਾਈ ॥ ੨ ॥ ਧਰਤ ਧੋਹ ਅਨਿਕ ਛਲ ਜਾਨੈ ॥ ਕਉਡੀ ਕਉਡੀ ਕਉ ਖਾਕੁ ਸਿਰਿ ਛਾਨੈ ॥ ਜਿਨਿ ਦੀਆ ਤਿਸੈ ਨ ਚੇਤੈ ਮੂਲਿ ॥ ਮਿਥਿਆ ਲੋਭੁ ਨ ਉਤਰੈ ਸੂਲੁ ॥ ੩ ॥ ਪਾਰਬ੍ਰਹਮ ਜਬ ਭਏ ਦਇਆਲ ॥ ਇਹੁ ਮਨੁ ਹੋਆ ਸਾਧ ਰਵਾਲ ॥ ਹਸਤ ਕਮਲ ਲੜਿ ਲੀਨੋ ਲਾਇ ॥ ਨਾਨਕ ਸਾਚੈ ਸਾਚਿ ਸਮਾਇ ॥੪॥ ੪੧ ॥ ੫੨ ॥ [ਪੰਨਾ ੯੯੯]

ਪਦ ਅਰਥ :—ਤਨੁ—ਸਰੀਰ। ਤੋਹਿ—ਤੇਰਾ। ਮੋਹਿ—ਮੋਹ ਵਿਚ। ਬਿਆਪਿਆ—ਫਸਿਆ ਹੋਇਆ। ਧੋਹਿ—ਠੱਗੀ ਵਿਚ। ਕੁਦਮ—ਕਲੋਲ। ਗਾਡਰ—ਭੇਡ। ਛੇਲ—ਛੇਲਾ, ਲੇਲਾ। ਅਚਿੰਤੁ—ਅਚਨਚੇਤ। ਕਾਲੁ—ਮੌਤ। ਪੇਲ—ਧੱਕ ਦੇਂਦਾ ਹੈ, ਚਲਾ ਦੇਂਦਾ ਹੈ।੧।

ਚਰਨ ਕਮਲ—ਕੌਲ-ਫੁੱਲ ਵਰਗੇ ਸੋਹਣੇ ਚਰਨ। ਮਨਾ—ਹੇ ਮਨ! ਜਪਿ—ਜਪਿਆ ਕਰ। ਸੰਗਿ—(ਤੇਰੇ) ਨਾਲ। ਸਹਾਈ—ਮਦਦਗਾਰ। ਗੁਰਮੁਖਿ—ਗੁਰੂ ਵਲ ਮੂੰਹ ਕਰ ਕੇ, ਗੁਰੂ ਦੀ ਸਰਨ ਪੈ ਕੇ। ਪਾਵਹਿ—ਤੂੰ ਲਏਂਗਾ। ਸਾਚੁ—ਸਦਾ ਥਿਰ ਰਹਿਣ ਵਾਲਾ। ੧। ਰਹਾਉ।

ਊਨੇ—ਅਧੂਰੇ, ਕਦੇ ਸਿਰੇ ਨਾਂਹ ਚੜ੍ਹਨ ਵਾਲੇ। ਕਾਮਿ—ਕਾਮ ਵਿਚ। ਮਦਿ—ਨਸ਼ੇ ਵਿਚ। ਸਦ ਹੀ—ਸਦਾ ਹੀ। ਕਰੈ—ਕਰਦਾ ਹੈ। ਜੀਅਰਾ—ਜਿੰਦ। ਕੈ ਤਾਈ—ਦੀ ਖ਼ਾਤਰ, ਦੇ ਵਾਸਤੇ। ਗਾਫ਼ਲ ਸੰਗਿ—ਗ਼ਾਫ਼ਲ ਦੇ ਨਾਲ। ਤਸੂਆ—ਰਤਾ ਭੀ। ੨।

ਧਰਤ ਧੋਹ—ਠੱਗੀ ਕਰਦਾ ਹੈ। ਛਲ—ਫ਼ਰੇਬ। ਸਿਰਿ—ਸਿਰ ਉਤੇ। ਜਿਨਿ—ਜਿਸ (ਪ੍ਰਭੂ) ਨੇ। ਨ ਮੂਲਿ—ਬਿਲਕੁਲ ਨਹੀਂ।ਮਿਥਿਆ ਲੋਭੁ—ਨਾਸਵੰਤ ਪਦਾਰਥਾਂ ਦਾ ਲੋਭ। ਸੂਲੁ—ਚੋਭ। ੩।

ਸਾਧ ਰਵਾਲ—ਗੁਰੂ ਦੀ ਚਰਨ-ਧੂੜ। ਹਸਤ—ਹੱਥ। ਲੜਿ—ਪੱਲੇ ਨਾਲ। ਸਾਚੈ—ਸਦਾ-ਥਿਰ ਪ੍ਰਭੂ ਵਿਚ ਹੀ। ਸਾਚਿ—ਸਦਾ-ਥਿਰ ਪ੍ਰਭੂ ਵਿਚ। ਸਮਾਇ—ਲੀਨ ਰਹਿੰਦਾ ਹੈ। ੪।

ਅਰਥ :—ਹੇ (ਮੇਰੇ) ਮਨ! ਪ੍ਰਭੂ ਦੇ ਸੋਹਣੇ ਚਰਨਾਂ ਦੀ ਸਰਨ ਪਿਆ ਰਹੁ।

ਪਰਮਾਤਮਾ ਦਾ ਨਾਮ ਜਪਦਾ ਰਿਹਾ ਕਰ, ਇਹੀ ਤੇਰੇ ਨਾਲ ਅਸਲ ਮਦਦਗਾਰ ਹੈ। ਪਰ ਇਹ ਸਦਾ ਕਾਇਮ ਰਹਿਣ ਵਾਲਾ ਨਾਮ-ਧਨ ਤੂੰ ਗੁਰੂ ਦੀ ਸਰਨ ਪੈ ਕੇ ਲੱਭ ਸਕੇਂਗਾ। ੧। ਰਹਾਉ।

(ਹੇ ਭਾਈ ! ਇਸ ਸਰੀਰ ਦੀ ਖ਼ਾਤਰ) ਤੂੰ ਮਾਇਆ ਦੇ ਮੋਹ ਵਿਚ ਦੀ ਠੱਗੀ ਵਿਚ ਫਸਿਆ ਰਹਿੰਦਾ ਹੈਂ, ਨਾਂਹ ਉਹ ਸਰੀਰ ਤੇਰਾ ਹੈ,ਤੇ,ਨਾਂਹ ਹੀ (ਉਸ ਸਰੀਰ ਵਿਚ ਵੱਸਦਾ) ਮਨ ਤੇਰਾ ਹੈ। (ਵੇਖ !) ਜਿਵੇਂ ਭੇਡ ਦਾ ਬੱਚਾ ਭੇਡ ਨਾਲ ਕਲੋਲ ਕਰਦਾ ਹੈ (ਉਸ ਵਿਚਾਰੇ ਉਤੇ) ਅਚਨ ਚੇਤ (ਮੌਤ ਦਾ) ਜਾਲ ਆ ਪੈਂਦਾ ਹੈ, (ਉਸ ਉਤੇ) ਮੌਤ ਅਪਣਾ ਚੱਕਰ ਚਲਾ ਦੇਂਦੀ ਹੈ (ਇਹੀ ਹਾਲ ਹਰੇਕ ਜੀਵ ਦਾ ਹੁੰਦਾ ਹੈ)। ੧।

ਜੀਵ ਦੇ ਇਹ ਕਦੇ ਨਾਂਹ ਮੁੱਕ ਸਕਣ ਵਾਲੇ ਕੰਮ ਕਦੇ ਸਿਰੇ ਨਹੀਂ ਚੜ੍ਹਦੇ; ਕਾਮ-ਵਾਸਨਾ ਵਿਚ, ਕ੍ਰੋਧ ਵਿਚ, ਮਾਇਆ ਦੇ ਨਸ਼ੇ ਵਿਚ ਜੀਵ ਸਦਾ ਹੀ ਗਿਲ੍ਹੇ-ਗੁਜ਼ਾਰੀਆਂ ਕਰਦਾ ਰਹਿੰਦਾ ਹੈ। ਆਪਣੀ ਇਸ ਜਿੰਦ (ਨੂੰ ਸੁਖ ਦੇਣ) ਦੀ ਖ਼ਾਤਰ ਜੀਵ ਵਿਕਾਰ ਕਰਦਾ ਰਹਿੰਦਾ ਹੈ, ਪਰ (ਰੱਬ ਦੀ ਯਾਦ ਵਲੋਂ) ਅਵੇਸਲੇ ਹੋ ਚੁਕੇ ਜੀਵ ਦੇ ਨਾਲ (ਦੁਨੀਆ ਦੇ ਪਦਾਰਥਾਂ ਵਿਚੋਂ) ਰਤਾ ਭੀ ਨਹੀਂ ਜਾਂਦਾ। ੨।

ਮੂਰਖ ਜੀਵ ਅਨੇਕਾਂ ਠੱਗੀਆਂ ਕਰਦਾ ਹੈ.ਅਨੇਕਾਂ ਫਰੇਬ ਕਰਨੇ ਜਾਣਦਾ ਹੈ। ਕੌਡੀ ਕੌਡੀ ਕਮਾਣ ਦੀ ਖ਼ਾਤਰ ਆਪਣੇ ਸਿਰ ਉਤੇ (ਦਗ਼ੇ-ਫ਼ਰੇਬ ਦੇ ਕਾਰਨ ਬਦਨਾਮੀ ਦੀ) ਸੁਆਹ ਪਾਂਦਾ ਫਿਰਦਾ ਹੈ। ਜਿਸ (ਪ੍ਰਭੂ) ਨੇ (ਇਸ ਨੂੰ ਇਹ ਸਭ ਕੁਝ) ਦਿੱਤਾ ਹੈ ਉਸ ਨੂੰ ਇਹ ਬਿਲਕੁਲ ਯਾਦ ਨਹੀਂ ਕਰਦਾ। (ਇਸ ਦੇ ਅੰਦਰ) ਨਾਸਵੰਤ ਪਦਾਰਥਾਂ ਦਾ ਲੋਭ ਟਿਕਿਆ ਰਹਿੰਦਾ ਹੈ (ਇਹਨਾਂ ਦੀ) ਚੋਭ (ਇਸ ਦੇ ਅੰਦਰੋਂ) ਕਦੇ ਨਹੀਂ ਦੂਰ ਹੁੰਦੀ ਹੈ। ੩।

ਹੇ ਨਾਨਕ ! ਪਰਮਾਤਮਾ ਜਦੋਂ ਕਿਸੇ ਜੀਵ ਉਤੇ ਦਇਆਵਾਨ ਹੁੰਦਾ ਹੈ, ਉਸ ਜੀਵ ਦਾ ਇਹ ਮਨ ਗੁਰੂ ਦੇ ਚਰਨਾਂ ਦੀ ਧੂੜ ਬਣਦਾ ਹੈ। ਗੁਰੂ ਉਸ ਨੂੰ ਆਪਣੇ ਸੋਹਣੇ ਹੱਥਾਂ ਨਾਲ ਆਪਣੇ ਪੱਲੇ ਲਾ ਲੈਂਦਾ ਹੈ, ਤੇ, (ਉਹ ਭਾਗਾਂ ਵਾਲਾ) ਸਦਾ ਹੀ ਸਦਾ-ਥਿਰ ਪ੍ਰਭੂ ਵਿਚ ਲੀਨ ਹੋਇਆ ਰਹਿੰਦਾ ਹੈ। ੪। ੪੧। ੫੨।

ਰਾਮਕਲੀ ਮਹਲਾ ੫॥ ਰਾਜਾ ਰਾਮ ਕੀ ਸਰਣਾਇ ॥ ਨਿਰਭਉ ਭਏ ਗੋਬਿੰਦ ਗੁਨ ਗਾਵਤ ਸਾਧ ਸੰਗਿ ਦੁਖੁ ਜਾਇ ॥ ੧ ॥ ਰਹਾਉ ॥ ਜਾ ਕੈ ਰਾਮੁ ਬਸੈ ਮਨ ਮਾਹੀ ॥ ਸੋ ਜਨੁ ਦੁਤਰੁ ਪੇਖਤ ਨਾਹੀ ॥ ਸਗਲੇ ਕਾਜ ਸਵਾਰੇ ਅਪਨੇ ॥ ਹਰਿ ਹਰਿ ਨਾਮੁ ਰਸਨ ਨਿਤ ਜਪਨੇ ॥ ੧ ॥ ਜਿਸ ਕੈ ਮਸਤਕਿ ਹਾਥੁ ਗੁਰੁ ਧਰੈ ॥ ਸੋ ਦਾਸੁ ਅਦੇਸਾ ਕਾਹੇ ਕਰੈ॥ਜਨਮ ਮਰਣ ਕੀ

ਚੂਕੀ ਕਾਣਿ ॥ ਪੂਰੇ ਗੁਰ ਊਪਰਿ ਕੁਰਬਾਣ ॥ ੨ ॥ ਗੁਰ ਪਰਮੇਸਰੁ ਭੇਟਿ ਨਿਹਾਲ ॥ ਸੋ ਦਰਸਨੁ ਪਾਏ ਜਿਸੁ ਹੋਇ ਦਇਆਲੁ ॥ ਪਾਰਬ੍ਰਹਮੁ ਜਿਸੁ ਕਿਰਪਾ ਕਰੈ ॥ ਸਾਧ ਸੰਗਿ ਸੋ ਭਵਜਲੁ ਤਰੈ ॥ ੩ ॥ ਅੰਮ੍ਰਿਤੁ ਪੀਵਹੁ ਸਾਧ ਪਿਆਰੇ ॥ ਮੁਖ ਊਜਲ ਸਾਚੈ ਦਰਬਾਰੇ॥ਅਨਦ ਕਰਹੁ ਤਜਿ ਸਗਲ ਬਿਕਾਰ॥ ਨਾਨਕ ਹਰਿ ਜਪਿ ਉਤਰਹੁ ਪਾਰਿ ॥੪॥੪੨॥੫੩॥ [ਪੰਨਾ ੮੯੯]

ਪਦ ਅਰਥ :—ਰਾਜਾ ਰਾਮ—ਚਾਨਣ-ਰੂਪ ਪ੍ਰਭੂ, ਸਭ ਜੀਵਾਂ ਨੂੰ ਆਪਣੀ ਜੋਤਿ ਦਾ ਚਾਨਣ ਦੇਣ ਵਾਲਾ ਹਰੀ। ਗਾਵਤ—ਗਾਂਦਿਆਂ। ਸਾਧ ਸੰਗਿ—ਗੁਰੂ ਦੀ ਸੰਗਤਿ ਵਿਚ।੧। ਰਹਾਉ।

ਜਾ ਕੈ ਮਨ ਮਾਹੀ—ਜਿਸ (ਮਨੁੱਖ) ਦੇ ਮਨ ਵਿਚ। ਦੁਤਰੁ—ਬੜੀ ਔਖਿਆਈ ਨਾਲ ਤਰਿਆ ਜਾ ਸਕਣ ਵਾਲਾ ਸੰਸਾਰ-ਸਮੁੰਦਰ। ਸਗਲੇ—ਸਾਰੇ। ਰਸਨ—ਜੀਭ (ਨਾਲ)।੧।

ਜਿਸ ਕੈ—[ਸੰਬੰਧਕ 'ਕੈ' ਦੇ ਕਾਰਨ ਲਫ਼ਜ਼ 'ਜਿਸੁ' ਦਾ ੂ ਉੱਡ ਗਿਆ ਹੈ। ਵੇਖੋ ਗੁਰਬਾਣੀ ਵਿਆਕਰਨ)। ਕੈ ਮਸਤਕਿ—ਦੇ ਮੱਥੇ ਉਤੇ। ਅਦੇਸਾ—ਅੰਦੇਸ਼ਾ, ਚਿੰਤਾ-ਫ਼ਿਕਰ। ਕਾਹੇ—ਕਿਉਂ? ਕਾਣਿ—ਮੁਥਾਜੀ, ਤੌਖ਼ਲਾ। ਕੁਰਬਾਣ—ਸਦਕੇ, ਵਾਰਨੇ।੨।

ਭੇਟਿ--ਮਿਲ ਕੇ। ਨਿਹਾਲ—ਚੜ੍ਹਦੀ ਕਲਾ ਵਾਲਾ। ਸੋ—ਉਹ ਬੰਦਾ। ਭਵਜਲੁ—ਸੰਸਾਰ-ਸਮੁੰਦਰ।੩।

ਸਾਧ—ਹੇ ਸੰਤ ਜਨੋ! ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਰਸ। ਊਜਲ—ਉਜਲੇ, ਬੇ-ਦਾਗ਼। ਦਰਬਾਰੇ—ਦਰਬਾਰਿ, ਦਰਬਾਰ ਵਿਚ। ਤਜਿ—ਤਿਆਗ ਕੇ। ਬਿਕਾਰ—ਮੰਦੇ ਕੰਮ। ਅਨਦ—ਆਤਮਕ ਅਨੰਦ। ਜਪਿ—ਜਪ ਕੇ।੪।

ਅਰਥ :—ਹੇ ਭਾਈ! ਜਿਹੜੇ ਮਨੁੱਖ ਪ੍ਰਕਾਸ਼-ਸਰੂਪ ਪਰਮਾਤਮਾ ਦਾ ਆਸਰਾ ਲੈਂਦੇ ਹਨ, ਪਰਮਾਤਮਾ ਦੇ ਗੁਣ ਗਾਂਦਿਆਂ ਗਾਂਦਿਆਂ ਉਹ ਦੁਨੀਆ ਦੇ ਡਰਾਂ ਤੋਂ ਮੁਕਤ ਹੋ ਜਾਂਦੇ ਹਨ; ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹਨਾਂ ਦਾ (ਹਰੇਕ) ਦੁੱਖ ਦੂਰ ਹੋ ਜਾਂਦਾ ਹੈ।੧। ਰਹਾਉ।

ਹੇ ਭਾਈ! ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ (ਦਾ ਨਾਮ) ਆ ਵੱਸਦਾ ਹੈ, ਉਹ ਮਨੁੱਖ ਔਖਿਆਈ ਨਾਲ ਤਰੇ ਜਾਣ ਵਾਲੇ ਇਸ ਸੰਸਾਰ-ਸਮੁੰਦਰ ਨੂੰ ਵੇਖਦਾ ਭੀ ਨਹੀਂ (ਉਸ ਦੇ ਰਸਤੇ ਵਿਚ ਇਹ ਕੋਈ ਰੁਕਾਵਟ ਨਹੀਂ ਪਾਂਦਾ। ਪਰਮਾਤਮਾ ਦਾ ਨਾਮ (ਆਪਣੀ) ਜੀਭ ਨਾਲ ਨਿੱਤ ਜਪ ਜਪ ਕੇ ਉਹ ਮਨੁੱਖ ਆਪਣੇ ਸਾਰੇ ਕੰਮ ਸਿਰੇ ਚਾੜ੍ਹ ਲੈਂਦਾ ਹੈ।੧।

ਹੇ ਭਾਈ! ਇਸ ਮਨੁੱਖ ਦੇ ਮੱਥੇ ਉਤੇ ਗੁਰੂ (ਆਪਣਾ) ਹੱਥ ਰੱਖਦਾ ਹੈ, (ਪ੍ਰਭੂ ਦਾ

ਉਹ) ਸੇਵਕ ਕਿਸੇ ਤਰ੍ਹਾਂ ਦਾ ਭੀ ਕੋਈ ਚਿੰਤਾ-ਫ਼ਿਕਰ ਨਹੀਂ ਕਰਦਾ। ਉਹ ਮਨੁੱਖ ਪੂਰੇ ਗੁਰੂ ਉਤੋਂ ਸਦਾ ਸਦਕੇ ਜਾਂਦਾ ਹੈ (ਆਪਣਾ ਆਪਾ ਵਾਰਦਾ ਰਹਿੰਦਾ ਹੈ, ਇਸ ਤਰ੍ਹਾਂ) ਉਸ ਦਾ ਜਨਮ ਮਰਨ ਦੇ ਗੇੜ ਦਾ ਡਰ ਮੁੱਕ ਜਾਂਦਾ ਹੈ। ੨।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਮਿਲ ਪੈਂਦਾ ਹੈ, ਪਰਮੇਸਰ ਮਿਲ ਪੈਂਦਾ ਹੈ, ਉਹ ਸਦਾ ਖਿੜਿਆ ਰਹਿੰਦਾ ਹੈ। (ਪਰ ਗੁਰੂ ਦਾ ਪਰਮੇਸਰ ਦਾ) ਦਰਸਨ ਉਹੀ ਮਨੁੱਖ ਪ੍ਰਾਪਤ ਕਰਦਾ ਹੈ, ਜਿਸ ਉਤੇ ਪ੍ਰਭੂ ਆਪ ਦਇਆਵਾਨ ਹੁੰਦਾ ਹੈ। ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ, ਉਹ ਮਨੁੱਖ ਗੁਰੂ ਦੀ ਸੰਗਤਿ ਵਿਚ (ਰਹਿ ਕੇ) ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ। ੩।

ਹੇ ਪਿਆਰੇ ਸੰਤ ਜਨੋ! (ਤੁਸੀ ਭੀ) ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦੇ ਰਹੋ, ਸਦਾ-ਥਿਰ ਪ੍ਰਭੂ ਦੇ ਦਰਬਾਰ ਵਿਚ ਤੁਹਾਡੇ ਮੂੰਹ ਉਜਲੇ ਹੋਣਗੇ (ਤੁਹਾਨੂੰ ਉਥੇ ਆਦਰ-ਸਤਕਾਰ ਮਿਲੇਗਾ)। ਹੇ ਨਾਨਕ! (ਆਖ—ਹੇ ਸੰਤ ਜਨੋ!) ਸਾਰੇ ਵਿਚਾਰ ਛੱਡ ਕੇ ਆਤਮਕ ਆਨੰਦ ਮਾਣਦੇ ਰਹੋ, ਪਰਮਾਤਮਾ ਦਾ ਨਾਮ ਜਪ ਕੇ ਤੁਸੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਉਗੇ। ੪। ੪੨। ੫੩।

ਰਾਮਕਲੀ ਮਹਲਾ ੫ ॥ ਈਂਧਨ ਤੇ ਬੈਸੰਤਰੁ ਭਾਗੈ ॥ ਮਾਟੀ ਕਉ ਜਲੁ ਦਹ ਦਿਸ ਤਿਆਗੈ ॥ ਊਪਰਿ ਚਰਨ ਤਲੈ ਆਕਾਸੁ ॥ ਘਟ ਮਹਿ ਸਿੰਧੁ ਕੀਓ ਪਰਗਾਸੁ ॥ ੧ ॥ ਐਸਾ ਸੰਮ੍ਰਥੁ ਹਰਿ ਜੀਉ ਆਪਿ ॥ ਨਿਮਖ ਨ ਬਿਸਰੈ ਜੀਅ ਭਗਤਨ ਕੈ ਆਠ ਪਹਰ ਮਨ ਤਾ ਕਉ ਜਾਪਿ ॥ ੧ ॥ ਰਹਾਉ ॥ ਪ੍ਰਥਮੇ ਮਾਖਨੁ ਪਾਛੈ ਦੂਧੁ ॥ ਮੈਲੂ ਕੀਨੋ ਸਾਬੁਨੁ ਸੂਧੁ ॥ ਭੈ ਤੇ ਨਿਰਭਉ ਡਰਤਾ ਫਿਰੈ ॥ ਹੋਂਦੀ ਕਉ ਅਣਹੋਂਦੀ ਹਿਰੈ ॥ ੨ ॥ ਦੇਹੀ ਗੁਪਤ ਬਿਦੇਹੀ ਦੀਸੈ ॥ ਸਗਲੇ ਸਾਜਿ ਕਰਤ ਜਗਦੀਸੈ ॥ ਠਗਣਹਾਰ ਅਣਠਗਦਾ ਠਾਗੈ ॥ ਬਿਨੁ ਵਖਰ ਫਿਰਿ ਫਿਰਿ ਉਠਿ ਲਾਗੈ ॥੩॥ ਸੰਤ ਸਭਾ ਮਿਲਿ ਕਰਹੁ ਬਖਿਆਣ ॥ ਸਿੰਮ੍ਰਿਤਿ ਸਾਸਤ ਬੇਦ ਪੁਰਾਣ ॥ ਬ੍ਰਹਮ ਬੀਚਾਰੁ ਬੀਚਾਰੇ ਕੋਇ ॥ ਨਾਨਕ ਤਾ ਕੀ ਪਰਮ ਗਤਿ ਹੋਇ ॥੪॥੪੩॥ ੫੪॥ [ਪੰਨਾ ੯੦੦]

ਪਦ ਅਰਥ :—ਈਂਧਨ ਤੇ—ਬਾਲਣ ਤੋਂ, ਲੱਕੜਾਂ ਤੋਂ। ਬੈਸੰਤਰੁ—ਅੱਗ। ਕਉ—ਨੂੰ। ਦਹਦਿਸ—ਦਸੀਂ ਪਾਸੀਂ। ਊਪਰਿ—ਉਤਾਂਹ ਵਲ। ਤਲੈ—ਹੇਠਲੇ ਪਾਸੇ। ਆਕਾਸੁ—ਉਤਲਾ ਪਾਸਾ, ਸਿਰ। ਘਟ ਮਹਿ—ਘੜੇ ਵਿਚ। ਸਿੰਧੁ—ਸਮੁੰਦਰ, ਬੇਅੰਤ ਪ੍ਰਭੂ। ੧।

ਸੰਮ੍ਰਥੁ—ਸਮਰਥਾ ਵਾਲਾ, ਸਭ ਤਾਕਤਾਂ ਦਾ ਮਾਲਕ। ਨਿਮਖ—[ਨਿਮੇਸ਼] ਅੱਖ

ਝਮਕਨ ਜਿਤਨਾ ਸਮਾ। ਜੀਅ ਭਗਤਨ ਕੈ—ਭਗਤਾਂ ਦੀ ਜਿੰਦ ਵਿਚੋਂ। ਮਨ—ਹੇ ਮਨ! ਤਾ ਕਉ—ਉਸ (ਪ੍ਰਭੂ) ਨੂੰ। ਜਾਪਿ—ਜਪਦਾ ਰਹੁ। ੧। ਰਹਾਉ।

ਪ੍ਰਥਮੇ—ਪਹਿਲਾਂ। ਪਾਛੈ—ਪਿੱਛੋਂ। ਮੈਲੁ—ਮੈਲ ਨੂੰ, ਮਾਤਾ ਦੇ ਲਹੂ ਨੂੰ। ਸੁਧੁ—ਸੁੱਧ, ਚਿੱਟਾ (ਦੁੱਧ)। ਭੈ ਤੇ—ਡਰਾਂ ਤੋਂ। ਨਿਰਭਉ—ਜੀਵ ਜੋ ਅਸਲ ਵਿਚ ਡਰ-ਰਹਿਤ ਪ੍ਰਭੂ ਦੀ ਅੰਸ ਹੈ। ਹੋਂਦੀ ਕਉ—ਹੁੰਦੀ ਨੂੰ, ਹੋਂਦ ਵਾਲੀ ਜਿੰਦ ਨੂੰ। ਅਣਹੋਂਦੀ—ਜਿਸ ਦੀ (ਵੱਖਰੀ) ਹਸਤੀ ਕੋਈ ਨਹੀਂ। ਹਿਰੈ—ਚੁਰਾ ਲੈਂਦੀ ਹੈ, ਠੱਗ ਲੈਂਦੀ ਹੈ। ੨।

ਦੇਹੀ—ਦੇਹ ਦਾ ਮਾਲਕ, ਸਰੀਰ ਦਾ ਮਾਲਕ ਆਤਮਾ। ਬਿਦੇਹੀ—ਜੋ ਆਤਮਾ ਨਹੀਂ, ਸਰੀਰ। ਸਾਜਿ—ਸਾਜ ਕੇ। ਜਗਦੀਸੈ—ਜਗਦੀਸ ਹੀ, ਜਗਤ ਦਾ ਮਾਲਕ ਹੀ। ਠਗਨਹਾਰ—(ਸਭ ਨੂੰ) ਠੱਗਣ ਵਾਲੀ ਮਾਇਆ। ਅਣਠਗਦਾ—(ਪਰਮਾਤਮਾ ਦੀ ਅੰਸ ਜੀਵ) ਜੋ ਠੱਗਿਆ ਨਹੀਂ ਜਾਣਾ ਚਾਹੀਦਾ। ਵਖਰ—ਸੌਦਾ, ਨਾਮ-ਪੂੰਜੀ। ਬਿਨੁ ਵਖਰ—ਨਾਮ ਦੀ ਪੂੰਜੀ ਤੋਂ ਸੱਖਣਾ। ਫਿਰਿ ਫਿਰਿ—ਮੁੜ ਮੁੜ। ਉਠਿ—ਉੱਠ ਕੇ। ਲਾਗੈ—ਮਾਇਆ ਵਿਚ ਫਸਦਾ ਹੈ, ਮਾਇਆ ਨੂੰ ਚੰਬੜਦਾ ਹੈ। ੩।

ਬਖਿਆਣ—ਵਿਚਾਰ, ਵਿਆਖਿਆ। ਬੀਚਾਰੇ ਕੋਇ—ਜਿਹੜਾ ਕੋਈ ਵਿਚਾਰਦਾ ਹੈ। ਤਾ ਕੀ—ਉਸ ਮਨੁੱਖ ਦੀ। ਪਰਮ ਗਤਿ—ਸਭ ਤੋਂ ਉੱਚੀ ਆਤਮਕ ਅਵਸਥਾ।੪।

ਅਰਥ :—ਹੇ ਮਨ! ਪਰਮਾਤਮਾ ਆਪ ਬੜੀਆਂ ਤਾਕਤਾਂ ਦਾ ਮਾਲਕ ਹੈ। ਉਹ ਪਰਮਾਤਮਾ ਆਪਣੇ ਭਗਤਾਂ ਦੇ ਮਨ ਤੋਂ ਅੱਖ ਝਮਕਨ ਜਿਤਨੇ ਸਮੇ ਲਈ ਭੀ ਨਹੀਂ ਵਿਸਰਦਾ। ਹੇ ਮਨ! ਤੂੰ ਭੀ ਉਸ ਨੂੰ ਅੱਠੇ ਪਹਿਰ ਜਪਿਆ ਕਰ। ੧। ਰਹਾਉ।

(ਹੇ ਮਨ! ਵੇਖ ਉਸ ਪ੍ਰਭੂ ਦੀਆਂ ਅਸਚਰਜ ਤਾਕਤਾਂ!) ਲੱਕੜੀ ਤੋਂ ਅੱਗ ਪਰੇ ਭੱਜਦੀ ਹੈ (ਲੱਕੜੀ ਵਿਚ ਅੱਗ ਹਰ ਵੇਲੇ ਮੌਜੂਦ ਹੈ, ਪਰ ਉਸ ਨੂੰ ਸਾੜਦੀ ਨਹੀਂ)। (ਸਮੁੰਦਰ ਦਾ) ਪਾਣੀ ਧਰਤੀ ਨੂੰ ਹਰ ਪਾਸੇ ਵਲੋਂ ਤਿਆਗੀ ਰੱਖਦਾ ਹੈ (ਧਰਤੀ ਸਮੁੰਦਰ ਦੇ ਵਿਚ ਰਹਿੰਦੀ ਹੈ, ਪਰ ਸਮੁੰਦਰ ਇਸ ਨੂੰ ਡੋਬਦਾ ਨਹੀਂ)। (ਰੁੱਖ ਦੇ) ਪੈਰ (ਜੜ੍ਹਾਂ) ਉਪਰ ਵਲ ਹਨ, ਤੇ ਸਿਰ ਹੇਠਲੇ ਪਾਸੇ ਹੈ। ਘੜੇ ਵਿਚ (ਨਿੱਕੇ ਨਿੱਕੇ ਸਰੀਰਾਂ ਵਿਚ) ਸਮੁੰਦਰ-ਪ੍ਰਭੂ ਆਪਣਾ ਆਪ ਪਰਕਾਸ਼ਦਾ ਹੈ। ੧।

(ਹੇ ਭਾਈ! ਪਹਿਲਾਂ ਦੁੱਧ ਹੁੰਦਾ ਹੈ, ਉਸ ਨੂੰ ਰਿੜਕਿਆਂ ਉਸ ਦੁੱਧ ਦਾ ਤੱਤ-ਮੱਖਣ ਪਿੱਛੋਂ ਨਿਕਲਦਾ ਹੈ। ਪਰ ਵੇਖ! ਸ੍ਰਿਸ਼ਟੀ ਦਾ ਤੱਤ-) ਮੱਖਣ ਪਰਮਾਤਮਾ ਪਹਿਲਾਂ ਮੌਜੂਦ ਹੈ, ਤੇ (ਉਸ ਦਾ ਪਸਾਰ੍ਹਾ-ਜਗਤ) ਦੁੱਧ ਪਿਛੋਂ (ਬਣਦਾ) ਹੈ (ਜਗਤ-ਪਸਾਰੇ ਰੂਪ ਦੁੱਧ ਵਿਚ ਤੱਤ-ਪ੍ਰਭੂ-ਮੱਖਣ ਸਰਬ-ਵਿਆਪਕ ਹੈ)। (ਜੀਵਾਂ ਦੀ ਪਾਲਣਾ ਵਾਸਤੇ) ਮੈਲ ਨੂੰ (ਮਾਂ ਦੇ ਲਹੂ ਨੂੰ) ਸੁੱਧ ਸਾਬਣ ਵਰਗਾ ਚਿੱਟਾ ਦੁੱਧ ਬਣਾ ਦੇਂਦਾ ਹੈ। ਨਿਰਭਉ-ਪ੍ਰਭੂ ਦੀ ਅੰਸ ਜੀਵ ਦੁਨੀਆ ਦੇ ਅਨੇਕਾਂ ਡਰਾਂ ਤੋਂ ਡਰਦਾ ਫਿਰਦਾ ਹੈ,ਮਾਇਆ

ਜੀਵ ਨੂੰ ਭਜਾਈ ਫਿਰਦੀ ਹੈ । ੨ ।

ਹੇ ਭਾਈ ! ਸਰੀਰ ਦਾ ਮਾਲਕ ਆਤਮਾ (ਸਰੀਰ ਵਿਚ) ਲੁਕਿਆ ਰਹਿੰਦਾ ਹੈ, ਸਿਰਫ਼ ਸਰੀਰ ਦਿੱਸਦਾ ਹੈ । ਸਾਰੇ ਜੀਵਾਂ ਨੂੰ ਪੈਦਾ ਕਰ ਕੇ ਜਗਤ ਦਾ ਮਾਲਕ ਪ੍ਰਭੂ (ਅਨੇਕਾਂ ਕੌਤਕ) ਕਰਦਾ ਰਹਿੰਦਾ ਹੈ । ਠਗਣੀ-ਮਾਇਆ ਜੀਵ ਨੂੰ ਸਦਾ ਠੱਗਦੀ ਰਹਿੰਦੀ ਹੈ । ਨਾਮ ਦੀ ਪੂੰਜੀ ਤੋਂ ਸੱਖਣਾ ਜੀਵ ਮੁੜ ਮੁੜ ਮਾਇਆ ਨੂੰ ਚੰਬੜਦਾ ਹੈ । ੩ ।

ਹੇ ਨਾਨਕ ! (ਆਖ—ਹੇ ਭਾਈ !) ਸੰਤ-ਸਭਾ ਵਿਚ ਮਿਲ ਕੇ ਸਿੰਮ੍ਰਿਤੀਆਂ ਸ਼ਾਸਤ੍ਰਾਂ ਵੇਦਾਂ ਪੁਰਾਣਾਂ ਦੀ ਵਿਆਖਿਆ ਕਰ ਕੇ (ਬੇਸ਼ੱਕ) ਵੇਖ ਲਵੋ (ਇਸ ਠਗਣੀ ਮਾਇਆ ਤੋਂ ਬਚਾਉ ਨਹੀਂ ਹੋ ਸਕਦਾ) । ਜਿਹੜਾ ਕੋਈ ਮਨੁੱਖ ਸਤਸੰਗ ਵਿਚ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਵਿਚਾਰਦਾ ਹੈ ਉਸੇ ਦੀ ਹੀ ਸਭ ਤੋਂ ਉੱਚੀ ਆਤਮਕ ਅਵਸਥਾ ਬਣਦੀ ਹੈ । ੪ । ੪੩ । ੫੪ ।

ਰਾਮਕਲੀ ਮਹਲਾ ੫ ॥ ਜੋ ਤਿਸੁ ਭਾਵੈ ਸੋ ਥੀਆ ॥ ਸਦਾ ਸਦਾ ਹਰਿ ਕੀ ਸਰਣਾਈ ਪ੍ਰਭ ਬਿਨੁ ਨਾਹੀ ਆਨ ਬੀਆ ॥ ੧ ॥ ਰਹਾਉ ॥ ਪੁਤੁ ਕਲਤ੍ਰੁ ਲਖਿਮੀ ਦੀਸੈ ਇਨ ਮਹਿ ਕਿਛੂ ਨ ਸੰਗਿ ਲੀਆ ॥ ਬਿਖੈ ਠਗਉਰੀ ਖਾਇ ਭੂਲਾਨਾ ਮਾਇਆ ਮੰਦਰੁ ਤਿਆਗਿ ਗਇਆ ॥ ੧ ॥ ਨਿੰਦਾ ਕਰਿ ਕਰਿ ਬਹੁਤੁ ਵਿਗੂਤਾ ਗਰਭ ਜੋਨਿ ਮਹਿ ਕਿਰਤਿ ਪਇਆ ॥ ਪੁਰਬ ਕਮਾਣੇ ਛੋਡਹਿ ਨਾਹੀ ਜਮ ਦੂਤਿ ਗ੍ਰਾਸਿਓ ਮਹਾ ਭਇਆ ॥ ੨ ॥ ਬੋਲੈ ਝੂਠੁ ਕਮਾਵੈ ਅਵਰਾ ਤ੍ਰਿਸਨ ਨ ਬੂਝੈ ਬਹੁਤੁ ਹਇਆ ॥ ਅਸਾਧ ਰੋਗੁ ਉਪਜਿਆ ਸੰਤ ਦੂਖਨਿ ਦੇਹ ਬਿਨਾਸੀ ਮਹਾ ਖਇਆ ॥ ੩ ॥ ਜਿਨਹਿ ਨਿਵਾਜੇ ਤਿਨ ਹੀ ਸਾਜੇ ਆਪੇ ਚੀਨੇ ਸੰਤ ਜਇਆ ॥ ਨਾਨਕ ਦਾਸ ਕੰਠਿ ਲਾਇ ਰਾਖੇ ਕਰਿ ਕਿਰਪਾ ਪਾਰਬ੍ਰਹਮ ਮਇਆ ॥ ੪ ॥ ੪੪ ॥ ੫੫ ॥

[ਪੰਨਾ ੯੦੦]

ਪਦ ਅਰਥ :—ਤਿਸੁ—ਉਸ (ਪਰਮਾਤਮਾ) ਨੂੰ । ਭਾਵੈ—ਚੰਗਾ ਲੱਗਦਾ ਹੈ, ਪਸੰਦ ਆਉਂਦਾ ਹੈ । ਥੀਆ—ਹੋ ਰਿਹਾ ਹੈ । ਆਨ—[ਅਨ੍ਯ] ਕੋਈ ਹੋਰ । ਬੀਆ—ਦੂਜਾ । ੧ । ਰਹਾਉ ।

ਕਲਤ੍ਰੁ—ਇਸਤ੍ਰੀ [ਕਲਤ੍ਰ] । ਦੀਸੈ—(ਜੋ ਕੁਝ) ਦਿੱਸਦਾ ਹੈ । ਕਿਛੁ—ਕੁਝ ਭੀ । ਸੰਗਿ—ਨਾਲ + ਬਿਖੈ ਠਗਉਰੀ—ਵਿਸ਼ਿਆਂ ਦੀ ਠਗ-ਬੂਟੀ (ਧਤੂਰਾ) । ਖਾਇ—ਖਾ ਕੇ । ਭੂਲਾਨਾ—ਸਹੀ ਰਸਤੇ ਤੋਂ ਭੁੱਲਿਆ ਰਹਿੰਦਾ ਹੈ । ਮੰਦਰੁ—ਸੋਹਣਾ ਘਰ । ੧ ।

ਕਰਿ ਕਰਿ—ਮੁੜ ਮੁੜ ਕਰ ਕੇ । ਵਿਗੂਤਾ—ਖ਼ੁਆਰ ਹੁੰਦਾ ਹੈ । ਕਿਰਤਿ—ਕੀਤੇ ਅਨੁਸਾਰ । ਪਇਆ—ਪੇ ਗਿਆ । ਪੁਰਬ ਕਮਾਣੇ—ਪੂਰਬਲੇ ਜਨਮਾਂ ਦੇ ਕੀਤੇ ਕਰਮ ।

ਜਮਦੂਤਿ—ਜਮਦੂਤ ਨੇ। ਗ੍ਰਾਸਿਓ—ਕਾਬੂ ਕਰ ਲਿਆ। ਭਇਆ—ਭਇਆਨਕ। ੨।

ਅਵਰਾ—ਹੋਰ ਹੋਰ। ਕਮਾਵੈ—ਕਰਮ ਕਰਦਾ ਹੈ। ਹਇਆ—'ਹੈ ਹੈ', 'ਹਾਇ ਹਾਇ' (ਹਾਇ ਮਾਇਆ, ਹਾਇ ਮਾਇਆ—ਇਹ ਅੱਗ ਲੱਗੀ ਰਹਿੰਦੀ ਹੈ)। ਅਸਾਧ—ਲਾ-ਇਲਾਜ, ਜਿਸ ਦਾ ਇਲਾਜ ਨਾਂਹ ਹੋ ਸਕੇ। ਦੂਖਨਿ—ਨਿੰਦਾ ਦੇ ਕਾਰਨ। ਦੇਹ—ਸਰੀਰ। ਖਇਆ—ਖਈ ਰੋਗ। ੩।

ਜਿਨਹਿ—ਜਿਸ (ਪ੍ਰਭੂ) ਨੇ। ਨਿਵਾਜੇ—ਆਦਰ-ਸਤਕਾਰ ਦਿੱਤਾ ਹੋਇਆ ਹੈ। ਤਿਨ ਹੀ—[ਤਿਨਿ ਹੀ] ਉਸ (ਪ੍ਰਭੂ) ਨੇ ਹੀ। ਸਾਜੇ—ਪੈਦਾ ਕੀਤੇ ਹੋਏ ਹਨ। ਆਪੇ—ਆਪ ਹੀ। ਜਇਆ—ਜਈ, ਜਿੱਤ ਦੇ ਮਾਲਕ। ਕੰਠਿ—ਗਲ ਨਾਲ। ਲਾਇ—ਲਾ ਕੇ। ਕਰਿ—ਕਰ ਕੇ। ਮਇਆ—ਦਇਆ। ੪।

ਅਰਥ :—ਹੇ ਭਾਈ! ਜੋ ਕੁਝ ਪ੍ਰਭੂ ਨੂੰ ਚੰਗਾ ਲੱਗਦਾ ਹੈ ਉਹੀ ਹੋ ਰਿਹਾ ਹੈ। (ਇਸ ਵਾਸਤੇ) ਸਦਾ ਹੀ ਉਸ ਪ੍ਰਭੂ ਦੀ ਸਰਨ ਪਿਆ ਰਹੁ। ਪ੍ਰਭੂ ਤੋਂ ਬਿਨਾ ਕੋਈ ਹੋਰ ਦੂਜਾ (ਕੁਝ ਕਰਨ-ਜੋਗਾ) ਨਹੀਂ ਹੈ। ੧। ਰਹਾਉ।

ਹੇ ਭਾਈ! ਪੁੱਤਰ, ਇਸਤ੍ਰੀ, ਮਾਇਆ—ਇਹ ਜੋ ਕੁਝ ਦਿੱਸ ਰਿਹਾ ਹੈ, ਇਹਨਾਂ ਵਿਚੋਂ ਕੁਝ ਭੀ (ਅੰਤ ਵੇਲੇ ਜੀਵ) ਆਪਣੇ ਨਾਲ ਨਹੀਂ ਲੈ ਜਾਂਦਾ। ਵਿਸ਼ੇ-ਵਿਕਾਰਾਂ ਦੀ ਠਗਬੂਟੀ ਖਾ ਕੇ ਜੀਵ ਕੁਰਾਹੇ ਪਿਆ ਰਹਿੰਦਾ ਹੈ, ਆਖ਼ਰ ਇਹ ਮਾਇਆ, ਇਹ ਸੋਹਣਾ ਘਰ (ਸਭ ਕੁਝ) ਛੱਡ ਕੇ ਤੁਰ ਜਾਂਦਾ ਹੈ। ੧।

ਹੇ ਭਾਈ! ਜੀਵ ਦੂਜਿਆਂ ਦੀ ਨਿੰਦਾ ਕਰ ਕਰ ਕੇ ਬਹੁਤ ਖ਼ੁਆਰ ਹੁੰਦਾ ਰਹਿੰਦਾ ਹੈ, ਤੇ ਆਪਣੇ ਇਸ ਕੀਤੇ ਅਨੁਸਾਰ ਜਨਮ ਮਰਨ ਦੇ ਗੇੜ ਵਿਚ ਜਾ ਪੈਂਦਾ ਹੈ। (ਇਹ ਆਮ ਅਸੂਲ ਦੀ ਗੱਲ ਹੈ ਕਿ) ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰ ਜੀਵ ਨੂੰ ਛੱਡਦੇ ਨਹੀਂ ਹਨ, ਤੇ ਵ੍ਡਾ ਭਿਆਨਕ ਜਮਦੂਤ ਇਸ ਨੂੰ ਕਾਬੂ ਕਰੀ ਰੱਖਦਾ ਹੈ।

(ਮਾਇਆ ਦੇ ਮੋਹ ਦੀ ਠਗਬੂਟੀ ਖਾ ਕੇ ਮਾਇਆ ਦੀ ਖ਼ਾਤਰ ਜੀਵ) ਝੂਠ ਬੋਲਦਾ ਹੈ (ਮੂੰਹੋਂ ਆਖਦਾ ਹੋਰ ਹੈ, ਤੇ) ਕਮਾਂਦਾ ਕੁਝ ਹੋਰ ਹੈ, ਇਸ ਦੀ ਮਾਇਆ ਦੀ ਤ੍ਰਿਸ਼ਨਾ ਬੁੱਝਦੀ ਨਹੀਂ, ਮਾਇਆ ਦੀ 'ਹਾਇ ਹਾਇ' ਸਦਾ ਇਸ ਨੂੰ ਲੱਗੀ ਰਹਿੰਦੀ ਹੈ। ਸੰਤ ਜਨਾਂ ਦੀ ਨਿੰਦਾ ਕਰਨ ਦੇ ਕਾਰਨ (ਮਾਇਆ ਦੀ ਤ੍ਰਿਸ਼ਨਾ ਦਾ) ਲਾ-ਇਲਾਜ ਰੋਗ (ਜੀਵ ਦੇ ਅੰਦਰ) ਪੈਦਾ ਹੋ ਜਾਂਦਾ ਹੈ, ਇਸ ਵ੍ਡੇ ਖਈ ਰੋਗ ਦੇ ਵਿਚ ਹੀ ਇਸ ਦਾ ਸਰੀਰ ਨਾਸ ਹੋ ਜਾਂਦਾ ਹੈ। ੩।

(ਪਰ, ਹੇ ਭਾਈ! ਸੰਤ ਜਨਾਂ ਦੀ ਨਿੰਦਾ ਤੋਂ ਜੀਵ ਨੂੰ ਹਾਸਲ ਕੁਝ ਨਹੀਂ ਹੁੰਦਾ) ਪ੍ਰਭੂ ਨੇ ਆਪ ਹੀ ਸੰਤ ਜਨਾਂ ਨੂੰ ਜਿੱਤ ਦਾ ਮਾਲਕ ਬਣਾਇਆ ਹੁੰਦਾ ਹੈ, ਉਹਨਾਂ ਨੂੰ ਉਸੇ ਪ੍ਰਭੂ ਨੇ ਪੈਦਾ ਕੀਤਾ ਹੋਇਆ ਹੈ ਜਿਸ ਨੇ ਉਹਨਾਂ ਨੂੰ ਆਦਰ-ਸਤਕਾਰ ਦਿੱਤਾ ਹੋਇਆ

ਹੈ। ਹੇ ਨਾਨਕ ! ਪਰਮਾਤਮਾ ਮਿਹਰ ਕਰ ਕੇ ਦਇਆ ਕਰ ਕੇ ਆਪਣੇ ਦਾਸਾਂ ਨੂੰ ਆਪ ਹੀ ਆਪਣੇ ਗਲ ਨਾਲ ਲਾਈ ਰੱਖਦਾ ਹੈ। ੪। ੪੪। ੫੫।

ਰਾਮਕਲੀ ਮਹਲਾ ੫ ॥ ਐਸਾ ਪੂਰਾ ਗੁਰਦੇਉ ਸਹਾਈ ॥ ਜਾ ਕਾ ਸਿਮਰਨੁ ਬਿਰਥਾ ਨ ਜਾਈ ॥ ੧ ॥ ਰਹਾਉ ॥ ਦਰਸਨੁ ਪੇਖਤ ਹੋਇ ਨਿਹਾਲੁ ॥ ਜਾ ਕੀ ਧੂਰਿ ਕਾਟੈ ਜਮ ਜਾਲੁ ॥ ਚਰਨ ਕਮਲ ਬਸੇ ਮੇਰੇ ਮਨ ਕੇ ॥ ਕਾਰਜ ਸਵਾਰੇ ਸਗਲੇ ਤਨ ਕੇ ॥ ੧ ॥ ਜਾ ਕੈ ਮਸਤਕਿ ਰਾਖੈ ਹਾਥੁ॥ ਪ੍ਰਭੁ ਮੇਰੇ ਅਨਾਥ ਕੋ ਨਾਥੁ ॥ ਪਤਿਤ ਉਧਾਰਣੁ ਕ੍ਰਿਪਾ ਨਿਧਾਨੁ ॥ ਸਦਾ ਸਦਾ ਜਾਈਐ ਕੁਰਬਾਨੁ ॥ ੨ ॥ ਨਿਰਮਲ ਮੰਤੁ ਦੇਇ ਜਿਸੁ ਦਾਨੁ ॥ ਤਜਹਿ ਬਿਕਾਰ ਬਿਨਸੈ ਅਭਿਮਾਨੁ ॥ ਏਕੁ ਧਿਆਈਐ ਸਾਧ ਕੈ ਸੰਗਿ ॥ ਪਾਪ ਬਿਨਾਸੇ ਨਾਮ ਕੈ ਰੰਗਿ ॥੩॥ ਗੁਰ ਪਰਮੇਸੁਰ ਸਗਲ ਨਿਵਾਸ ॥ ਘਟਿ ਘਟਿ ਰਵਿ ਰਹਿਆ ਗੁਣਤਾਸ ॥ ਦਰਸੁ ਦੇਹਿ ਧਾਰਉ ਪ੍ਰਭ ਆਸ ॥ ਨਿਤ ਨਾਨਕੁ ਚਿਤਵੈ ਸਚੁ ਅਰਦਾਸਿ ॥੪॥੪੫॥੫੬॥ [ਪੰਨਾ ੯੦੦]

ਪਦ ਅਰਥ :–ਗੁਰਦੇਵ–ਗੁਰੂ। ਸਹਾਈ–ਸਹਾਇਤਾ ਕਰਨ ਵਾਲਾ, ਮਦਦਗਾਰ। ਜਾ ਕਾ ਸਿਮਰਨੁ–ਜਿਸ ਦਾ ਦਿੱਤਾ ਹੋਇਆ ਹਰਿ-ਸਿਮਰਨ ਦਾ ਉਪਦੇਸ਼। ਬਿਰਥਾ [ਵ੍ਰਿਥਾ] ਵਿਅਰਥ। ੧। ਰਹਾਉ।

ਪੇਖਤ–ਵੇਖਦਿਆਂ। ਨਿਹਾਲ–ਪ੍ਰਸੰਨ। ਜਮਜਾਲੁ–ਜਮ ਦੀ ਫਾਹੀ। ਮੇਰੇ–ਮੇਰੇ (ਗੁਰੂ) ਦੇ ਚਰਨ ਕਮਲ–ਸੋਹਣੇ ਚਰਨ। ਮਨ ਕੇ ਤਨ ਕੇ ਸਗਲੇ ਕਾਰਜ–(ਉਸ ਮਨੁੱਖ ਦੇ) ਮਨ ਅਤੇ ਸਰੀਰ ਦੇ ਸਾਰੇ ਕੰਮ। ੧।

ਜਾ ਕੈ ਮਸਤਕਿ–ਜਿਸ (ਮਨੁੱਖ) ਦੇ ਮੱਥੇ ਉਤੇ। ਅਨਾਥ ਕੋ ਨਾਥੁ–ਅਨਾਥਾਂ ਦਾ ਸਹਾਰਾ (ਮਿਲ ਪੈਂਦਾ ਹੈ)। ਪਤਿਤੁ ਉਧਾਰਣੁ–ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਬਚਾਣ ਵਾਲਾ। ਨਿਧਾਨੁ–ਖ਼ਜ਼ਾਨਾ। ਕੁਰਬਾਨੁ–ਸਦਕੇ। ਜਾਈਐ–ਜਾਣਾ ਚਾਹੀਦਾ ਹੈ। ੨।

ਨਿਰਮਲ ਮੰਤੁ–ਪਵਿੱਤਰ ਉਪਦੇਸ਼। ਦੇਇ–ਦੇਂਦਾ ਹੈ। ਤਜਹਿ–ਛੱਡ ਜਾਂਦੇ ਹਨ। ਬਿਨਸੈ–ਨਾਸ ਹੋ ਜਾਂਦਾ ਹੈ। ਸਾਧ ਕੈ ਸੰਗਿ–ਗੁਰੂ ਦੀ ਸੰਗਤਿ ਵਿਚ। ਕੈ ਰੰਗਿ–ਦੇ ਰੰਗ ਵਿਚ, ਦੀ ਮੌਜ ਵਿਚ। ੩।

ਸਗਲ–ਸਭ ਜੀਵਾਂ ਵਿਚ। ਘਟਿ ਘਟਿ–ਹਰੇਕ ਸਰੀਰ ਵਿਚ। ਗੁਣਤਾਸ–ਗੁਣਾਂ ਦਾ ਖ਼ਜ਼ਾਨਾ। ਦੇਹਿ–ਤੂੰ ਦੇਹ [ਲਫ਼ਜ਼ 'ਦੇਇ' ਅਤੇ 'ਦੇਹਿ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ]। ਧਾਰਉ–ਧਾਰਉਂ, ਮੈਂ ਧਰਦਾ ਹਾਂ, ਮੈਂ ਰੱਖਦਾ ਹਾਂ। ਪ੍ਰਭ–ਹੇ ਪ੍ਰਭੂ!

ਨਾਨਕੁ ਚਿਤਵੈ—ਨਾਨਕ ਯਾਦ ਕਰਦਾ ਰਹੇ। ਸਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ। ੪।

ਅਰਥ :—ਹੇ ਭਾਈ! ਪੂਰਾ ਗੁਰੂ ਇਹੋ ਜਿਹਾ ਮਦਦਗਾਰ ਹੈ ਕਿ ਉਸ ਦਾ ਦਿੱਤਾ ਹੋਇਆ ਹਰਿ-ਸਿਮਰਨ ਦਾ ਉਪਦੇਸ਼ ਵਿਅਰਥ ਨਹੀਂ ਜਾਂਦਾ। ੧। ਰਹਾਉ।

(ਹੇ ਭਾਈ! ਗੁਰੂ ਦਾ) ਦਰਸ਼ਨ ਕਰਦਿਆਂ (ਮਨੁੱਖ ਤਨੋਂ ਮਨੋਂ) ਖਿੜ ਜਾਂਦਾ ਹੈ, ਉਸ ਗੁਰੂ ਦੀ ਚਰਨ-ਧੂੜ ਜਮ ਦੀ ਫਾਹੀ ਕੱਟ ਦੇਂਦੀ ਹੈ। ਹੇ ਭਾਈ! ਪਿਆਰੇ ਗੁਰੂ ਦੇ ਸੋਹਣੇ ਚਰਨ (ਜਿਸ ਮਨੁੱਖ ਦੇ ਹਿਰਦੇ ਵਿਚ) ਆ ਵੱਸਦੇ ਹਨ, (ਉਸ ਦੇ) ਮਨ ਦੇ (ਉਸ ਦੇ) ਸਰੀਰ ਦੇ ਸਾਰੇ ਕੰਮ (ਗੁਰੂ) ਸੰਵਾਰ ਦੇਂਦਾ ਹੈ। ੧।

ਹੇ ਭਾਈ! ਜਿਸ ਮਨੁੱਖ ਦੇ ਮੱਥੇ ਉੱਤੇ (ਗੁਰੂ ਆਪਣਾ) ਹੱਥ ਰੱਖਦਾ ਹੈ ਉਸ ਨੂੰ ਮੇਰਾ ਉਹ ਪ੍ਰਭੂ (ਮਿਲ ਪੈਂਦਾ ਹੈ) ਜੋ ਨਿਆਸਰਿਆਂ ਦਾ ਆਸਰਾ ਹੈ। ਹੇ ਭਾਈ! ਗੁਰੂ ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਵਿਕਾਰਾਂ ਤੋਂ ਬਚਾਣ ਵਾਲਾ ਹੈ, ਗੁਰੂ ਕਿਰਪਾ ਦਾ ਖ਼ਜ਼ਾਨਾ ਹੈ। ਹੇ ਭਾਈ! ਗੁਰੂ ਤੋਂ ਸਦਾ ਹੀ ਸਦਕੇ ਜਾਣਾ ਚਾਹੀਦਾ ਹੈ। ੨।

ਹੇ ਭਾਈ! ਜਿਸ ਮਨੁੱਖ ਨੂੰ ਗੁਰੂ ਆਪਣਾ ਪਵਿੱਤਰ ਉਪਦੇਸ਼ ਬਖ਼ਸ਼ਦਾ ਹੈ, ਸਾਰੇ ਵਿਕਾਰ ਉਸ ਨੂੰ ਛੱਡ ਜਾਂਦੇ ਹਨ ਉਸ ਦਾ ਅਹੰਕਾਰ ਦੂਰ ਹੋ ਜਾਂਦਾ ਹੈ। ਹੇ ਭਾਈ! ਗੁਰੂ ਦੀ ਸੰਗਤਿ ਵਿਚ ਰਹਿ ਕੇ ਇੱਕ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ। (ਗੁਰੂ ਦੀ ਰਾਹੀਂ) ਪਰਮਾਤਮਾ ਦੇ ਪ੍ਰੇਮ-ਰੰਗ ਵਿਚ ਰਿਹਾਂ ਸਾਰੇ ਪਾਪਾਂ ਦਾ ਨਾਸ ਹੋ ਜਾਂਦਾ ਹੈ। ੩।

ਹੇ ਭਾਈ! ਗੁਰੂ-ਪਰਮਾਤਮਾ ਸਭ ਜੀਵਾਂ ਵਿਚ ਵੱਸਦਾ ਹੈ, ਸਾਰੇ ਗੁਣਾਂ ਦਾ ਖ਼ਜ਼ਾਨਾ ਹਰੇਕ ਹਿਰਦੇ ਵਿਚ ਮੌਜੂਦ ਹੈ। ਹੇ ਪ੍ਰਭੂ! ਮੈਨੂੰ ਆਪਣਾ ਦਰਸ਼ਨ ਦੇਹ, ਮੈਂ ਤੇਰੇ ਦਰਸ਼ਨ ਦੀ ਆਸ ਰੱਖੀ ਬੈਠਾ ਹਾਂ। ਮੇਰੀ ਇਹੀ ਅਰਦਾਸ ਹੈ ਕਿ (ਤੇਰਾ ਸੇਵਕ) ਨਾਨਕ ਸਦਾ ਸਦਾ-ਥਿਰ ਪ੍ਰਭੂ ਨੂੰ ਯਾਦ ਕਰਦਾ ਰਹੇ।੪।੪੫।੫੬।

ਰਾਗੁ ਰਾਮਕਲੀ ਮਹਲਾ ੫ ਘਰੁ ੨ ਦੁਪਦੇ

ੴ ਸਤਿਗੁਰ ਪ੍ਰਸਾਦਿ ॥ ਗਾਵਹੁ ਰਾਮ ਕੇ ਗੁਣ ਗੀਤ ॥ ਨਾਮੁ ਜਪਤ ਪਰਮ ਸੁਖੁ ਪਾਈਐ ਆਵਾਗਉਣੁ ਮਿਟੈ ਮੇਰੇ ਮੀਤ ॥ ੧ ॥ ਰਹਾਉ ॥ ਗੁਣ ਗਾਵਤ ਹੋਵਤ ਪਰਗਾਸੁ ॥ ਚਰਨ ਕਮਲ ਮਹਿ ਹੋਇ ਨਿਵਾਸੁ ॥੧॥ ਸੰਤ ਸੰਗਤਿ ਮਹਿ ਹੋਇ ਉਧਾਰੁ ॥ ਨਾਨਕ ਭਵਜਲੁ ਉਤਰਸਿ ਪਾਰਿ ॥੨॥ ੧ ॥ ੫੭ ॥ [ਪੰਨਾ ੯੦੧]

ਪਦ ਅਰਥ :—ਜਪਤ—ਜਪਦਿਆਂ। ਪਰਮ—ਸਭ ਤੋਂ ਉੱਚਾ। ਪਾਈਐ—ਹਾਸਲ

ਕਰੀਦਾ ਹੈ। ਆਵਾਗਉਣੁ—ਜਗਤ ਵਿਚ ਆਉਣ ਤੇ ਜਗਤ ਤੋਂ ਜਾਣ (ਦਾ ਗੇੜ), ਜਨਮ ਮਰਨ ਦਾ ਗੇੜ। ਮੀਤ—ਹੇ ਮਿੱਤਰ! ੧। ਰਹਾਉ।

ਗਾਵਤ—ਗਾਂਦਿਆਂ। ਪਰਗਾਸੁ—ਚਾਨਣ। ਮਹਿ—ਵਿਚ। ਨਿਵਾਸੁ—ਟਿਕਾਉ।੧।

ਸੰਤ ਸੰਗਤਿ—ਗੁਰੂ ਦੀ ਸੰਗਤਿ। ਉਧਾਰੁ—ਪਾਰ-ਉਤਾਰਾ। ਭਵਜਲੁ—ਸੰਸਾਰ-ਸਮੁੰਦਰ। ਉਤਰਸਿ—ਤੂੰ ਲੰਘ ਜਾਹਿੰਗਾ। ੨।

ਅਰਥ :—ਹੇ ਮੇਰੇ ਮਿੱਤਰ! ਪਰਮਾਤਮਾ ਦੇ ਗੁਣਾਂ ਦੇ ਗੀਤ (ਸਦਾ) ਗਾਂਦਾ ਰਹੁ। ਪਰਮਾਤਮਾ ਦਾ ਨਾਮ ਜਪਦਿਆਂ ਸਭ ਤੋਂ ਸ੍ਰੇਸ਼ਟ ਸੁਖ ਹਾਸਲ ਕਰ ਲਈਦਾ ਹੈ ਅਤੇ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ। ੧। ਰਹਾਉ।

ਹੇ ਮਿੱਤਰ! ਪਰਮਾਤਮਾ ਦੇ ਗੁਣ ਗਾਂਦਿਆਂ (ਮਨ ਵਿਚ ਸਹੀ ਆਤਮਕ ਜੀਵਨ ਦਾ) ਚਾਨਣ ਹੋ ਜਾਂਦਾ ਹੈ, ਅਤੇ ਪਰਮਾਤਮਾ ਦੇ ਸੋਹਣੇ ਚਰਨਾਂ ਵਿਚ ਮਨ ਟਿਕਿਆ ਰਹਿੰਦਾ ਹੈ। ੧।

ਹੇ ਨਾਨਕ! (ਆਖ—ਹੇ ਮਿੱਤਰ!) ਗੁਰੂ ਦੀ ਸੰਗਤਿ ਵਿਚ ਰਿਹਾਂ ਤੇਰਾ ਪਾਰ-ਉਤਾਰਾ ਹੋ ਜਾਇਗਾ, ਤੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਹਿੰਗਾ।੨।੧।੫੭।

ਰਾਮਕਲੀ ਮਹਲਾ ੫ ॥ ਗੁਰੁ ਪੂਰਾ ਮੇਰਾ ਗੁਰੁ ਪੂਰਾ ॥ ਰਾਮਨਾਮ ਜਪਿ ਸਦਾ ਸੁਹੇਲੇ ਸਗਲ ਬਿਨਾਸੇ ਰੋਗ ਕੂਰਾ ॥ ੧ ॥ ਰਹਾਉ ॥ ਏਕੁ ਅਰਾਧਹੁ ਸਾਚਾ ਸੋਇ ॥ ਜਾ ਕੀ ਸਰਨਿ ਸਦਾ ਸੁਖੁ ਹੋਇ ॥ ੧ ॥ ਨੀਦ ਸੁਹੇਲੀ ਨਾਮ ਕੀ ਲਾਗੀ ਭੂਖ ॥ ਹਰਿ ਸਿਮਰਤ ਬਿਨਸੇ ਸਭ ਦੂਖ ॥ ੨ ॥ ਸਹਜਿ ਅਨੰਦ ਕਰਹੁ ਮੇਰੇ ਭਾਈ ॥ ਗੁਰਿ ਪੂਰੈ ਸਭ ਚਿੰਤ ਮਿਟਾਈ ॥੩॥ ਆਠ ਪਹਰ ਪ੍ਰਭ ਕਾ ਜਪੁ ਜਾਪਿ ॥ ਨਾਨਕ ਰਾਖਾ ਹੋਆ ਆਪਿ ॥ ੪ ॥ ੨ ॥ ੫੮ ॥ [ਪੰਨਾ ੯੦੧]

ਪਦ ਅਰਥ :—ਪੂਰਾ—ਸਾਰੇ ਗੁਣਾਂ ਦਾ ਮਾਲਕ, ਸਭ ਤਾਕਤਾਂ ਦਾ ਮਾਲਕ। ਸੁਹੇਲੇ—ਸੁਖੀ। ਸਗਲ—ਸਾਰੇ। ਰੋਗ ਕੂਰਾ—ਕੂੜ ਦੇ ਰੋਗ, ਮਾਇਆ ਦੇ ਮੋਹ ਤੋਂ ਪੈਦਾ ਹੋਏ ਰੋਗ। ੧। ਰਹਾਉ।

ਸਾਚਾ—ਸਦਾ ਕਾਇਮ ਰਹਿਣ ਵਾਲਾ। ਏਕੁ ਸੋਇ—ਸਿਰਫ਼ ਉਸ ਪਰਮਾਤਮਾ ਨੂੰ। ਜਾ ਕੀ ਸਰਨਿ—ਜਿਸ (ਪ੍ਰਭੂ) ਦਾ ਆਸਰਾ ਲਿਆਂ। ੧।

ਨੀਦ—(ਪ੍ਰਭੂ-ਚਰਨਾਂ ਵਿਚ) ਲੀਨਤਾ। ਸੁਹੇਲੀ—ਸੁਖਦਾਈ। ਸਿਮਰਤ—ਸਿਮਰਦਿਆਂ। ੨।

ਸਹਜਿ—ਆਤਮਕ ਅਡੋਲਤਾ ਵਿਚ (ਟਿਕ ਕੇ)। ਭਾਈ—ਹੇ ਭਾਈ! ਗੁਰਿ—ਗੁਰੂ

ਨੇ । ਸਭ–ਸਾਰੀ । ੩ ।

ਜਾਪਿ–ਜਪਿਆ ਕਰੋ । ਨਾਨਕ–ਹੇ ਨਾਨਕ ! ਰਾਖਾ–ਰਖਵਾਲਾ । ੪ ।

ਅਰਥ :–ਹੇ ਭਾਈ ! ਮੇਰਾ ਗੁਰੂ ਸਭ ਗੁਣਾਂ ਦਾ ਮਾਲਕ ਹੈ, ਮੇਰਾ ਗੁਰੂ ਪੂਰੀ ਸਮਰਥਾ ਵਾਲਾ ਹੈ । (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪ ਕੇ ਮਨੁੱਖ ਸਦਾ ਸੁਖੀ ਰਹਿੰਦੇ ਹਨ, ਮਾਇਆ ਦੇ ਮੋਹ ਤੋਂ ਪੈਦਾ ਹੋਣ ਵਾਲੇ ਉਹਨਾਂ ਦੇ ਸਾਰੇ ਰੋਗ ਦੂਰ ਹੋ ਜਾਂਦੇ ਹਨ । ੧ । ਰਹਾਉ ।

(ਹੇ ਭਾਈ ! ਗੁਰੂ ਦੇ ਦਰ ਤੇ ਆ ਕੇ) ਸਦਾ ਕਾਇਮ ਰਹਿਣ ਵਾਲੇ ਉਸ ਇੱਕ ਪਰਮਾਤਮਾ ਦਾ ਆਰਾਧਨ ਕਰਿਆ ਕਰੋ ਜਿਸ ਦੀ ਸਰਨ ਪਿਆਂ ਸਦਾ ਆਤਮਕ ਆਨੰਦ ਮਿਲਦਾ ਹੈ । ੧ ।

(ਹੇ ਭਾਈ ! ਗੁਰੂ ਦੀ ਸਰਨ ਪਿਆਂ) ਪਰਮਾਤਮਾ ਦੇ ਨਾਮ ਦੀ ਲਗਨ ਪੈਦਾ ਹੋ ਜਾਂਦੀ ਹੈ, ਤੇ, ਨਾਮ ਵਿਚ ਲੀਨਤਾ ਮਨੁੱਖ ਵਾਸਤੇ ਸੁਖਦਾਈ ਹੋ ਜਾਂਦੀ ਹੈ । ਪਰਮਾਤਮਾ ਦਾ ਨਾਮ ਸਿਮਰਦਿਆਂ ਸਾਰੇ ਦੁੱਖਾਂ ਦਾ ਨਾਸ ਹੋ ਜਾਂਦਾ ਹੈ । ੨ ।

ਹੇ ਮੇਰੇ ਭਾਈ ! (ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ) ਪੂਰਾ ਗੁਰੂ ਉਸ ਦੀ ਸਾਰੀ ਚਿੰਤਾ ਮਿਟਾ ਦੇਂਦਾ ਹੈ, (ਤੁਸੀ ਭੀ ਗੁਰੂ ਦੀ ਰਾਹੀਂ) ਆਤਮਕ ਅਡੋਲਤਾ ਵਿਚ ਟਿਕ ਕੇ ਆਤਮਕ ਖ਼ੁਸ਼ੀਆਂ ਪ੍ਰਾਪਤ ਕਰੋ । ੩ ।

ਹੇ ਨਾਨਕ ! (ਆਖ–ਹੇ ਭਾਈ ! ਗੁਰੂ ਦੀ ਸਰਨ ਪੈ ਕੇ) ਅੱਠੇ ਪਹਰ ਪ੍ਰਭੂ ਦੇ ਨਾਮ ਦਾ ਜਾਪ ਕਰਿਆ ਕਰ । (ਜਿਹੜਾ ਮਨੁੱਖ ਪ੍ਰਭੂ ਦਾ ਨਾਮ ਜਪਦਾ ਹੈ ਪ੍ਰਭੂ) ਆਪ ਉਸ ਦਾ ਰਖਵਾਲਾ ਬਣਦਾ ਹੈ ।੪।੨।੫੮।

ਰਾਗੁ ਰਾਮਕਲੀ ਮਹਲਾ ੫ ਪੜਤਾਲ ਘਰੁ ੩

ੴ ਸਤਿਗੁਰਪ੍ਰਸਾਦਿ ।। ਨਰਨਰਹ ਨਮਸਕਾਰੰ ।। ਜਲਨ ਥਲਨ ਬਸੁਧ ਗਗਨ ਏਕ ਏਕੰਕਾਰੰ ॥ ੧ ॥ ਰਹਾਉ ॥ ਹਰਨ ਧਰਨ ਪੁਨ ਪੁਨਹ ਕਰਨ ।। ਨਹ ਗਿਰਹ ਨਿਰੰਹਾਰੰ ।। ੧ ।। ਗੰਭੀਰ ਧੀਰ ਨਾਮ ਹੀਰ ਊਚ ਮੂਚ ਅਪਾਰੰ ।। ਕਰਨ ਕੇਲ ਗੁਣ ਅਮੋਲ ਨਾਨਕ ਬਲਿਹਾਰੰ ॥੨॥੧॥੫੯॥

[ਪੰਨਾ ੯੦੧]

ਪਦ ਅਰਥ :–ਨਰਨਰਹ–ਨਰਾਂ ਵਿਚੋਂ ਸ੍ਰੇਸ਼ਟ ਨਰ, ਪਰਮਾਤਮਾ । ਜਲਨ–ਜਲਾਂ ਵਿਚ । ਥਲਨ–ਥਲਾਂ ਵਿਚ । ਬਸੁਧ–ਧਰਤੀ ਵਿਚ । ਗਗਨ–ਆਕਾਸ਼ ਵਿਚ । ਏਕੰਕਾਰੰ–ਸਰਬ-ਵਿਆਪਕ ਪ੍ਰਭੂ । ੧ । ਰਹਾਉ ।

ਹਰਨ–ਨਾਸ ਕਰਨ ਵਾਲਾ । ਧਰਨ–ਪਾਲਣ ਵਾਲਾ । ਪੁਨ ਪੁਨਹ–ਮੁੜ ਮੁੜ । ਕਰਨ–ਪੈਦਾ ਕਰਨ ਵਾਲਾ । ਗਿਰਹ–ਗ੍ਰਿਹ, ਘਰ । ਨਿਰੰਹਾਰੰ–ਨਿਰ-ਆਹਾਰੰ, ਖ਼ੁਰਾਕ

ਤੋਂ ਬਿਨਾ ।੧।

ਗੰਭੀਰ—ਡੂੰਘਾ। ਧੀਰ—ਵੱਡੇ ਜਿਗਰੇ ਵਾਲਾ। ਹੀਰ—ਬਹੁ-ਮੁੱਲਾ। ਮੂਚ—ਵੱਡਾ। ਕਰਨ ਕੇਲ—ਕੌਤਕ ਕਰਨ ਵਾਲਾ। ਅਮੋਲ—ਜਿਸ ਦਾ ਮੁੱਲ ਨਾਂਹ ਪਾਇਆ ਜਾ ਸਕੇ। ਬਲਿਹਾਰੰ—ਸਦਕੇ, ਕੁਰਬਾਨ।੨।

ਅਰਥ :—ਹੇ ਭਾਈ ! ਸਦਾ ਪਰਮਾਤਮਾ ਨੂੰ ਨਮਸਕਾਰ ਕਰਦੇ ਰਹੋ। ਉਹ ਇੱਕ ਸਰਬ-ਵਿਆਪਕ ਪਰਮਾਤਮਾ ਜਲਾਂ ਵਿਚ ਮੌਜੂਦ ਹੈ, ਥਲਾਂ ਵਿਚ ਹੈ, ਧਰਤੀ ਵਿਚ ਹੈ, ਤੇ ਆਕਾਸ਼ ਵਿਚ ਹੈ।੧। ਰਹਾਉ।

ਹੇ ਭਾਈ ! ਪਰਮਾਤਮਾ ਸਭ ਦਾ ਨਾਸ ਕਰਨ ਵਾਲਾ ਹੈ, ਉਹੀ ਸਭ ਦਾ ਪਾਲਣ ਵਾਲਾ ਹੈ, ਉਹੀ ਜੀਵਾਂ ਨੂੰ ਮੁੜ ਮੁੜ ਪੈਦਾ ਕਰਨ ਵਾਲਾ ਹੈ। ਉਸ ਦਾ ਕੋਈ ਖਾਸ ਘਰ ਨਹੀਂ, ਉਸ ਨੂੰ ਕਿਸੇ ਖ਼ੁਰਾਕ ਦੀ ਲੋੜ ਨਹੀਂ।੧।

ਹੇ ਭਾਈ ! ਪਰਮਾਤਮਾ (ਮਾਨੋ) ਡੂੰਘਾ (ਸਮੁੰਦਰ) ਹੈ, ਵੱਡੇ ਜਿਗਰੇ ਵਾਲਾ ਹੈ, ਉਸ ਦਾ ਨਾਮ ਬਹੁ-ਮੁੱਲਾ ਹੈ,। ਉਹ ਪਰਮਾਤਮਾ ਸਭ ਤੋਂ ਉੱਚਾ ਹੈ, ਸਭ ਤੋਂ ਵੱਡਾ ਹੈ, ਬੇਅੰਤ ਹੈ। ਉਹ ਸਭ ਕੌਤਕ ਕਰਨ ਵਾਲਾ ਹੈ, ਅਮੁੱਲ ਗੁਣਾਂ ਦਾ ਮਾਲਕ ਹੈ। ਹੇ ਨਾਨਕ ! ਉਸ ਤੋਂ ਕੁਰਬਾਨ ਜਾਣਾ ਚਾਹੀਦਾ ਹੈ।੨।੧।੫੯।

ਰਾਮਕਲੀ ਮਹਲਾ ੫॥ ਰੂਪ ਰੰਗ ਸੁਗੰਧ ਭੋਗ ਤਿਆਗਿ ਚਲੇ ਮਾਇਆ ਛਲੇ ਕਨਿਕ ਕਾਮਿਨੀ ॥੧॥ ਰਹਾਉ ॥ ਭੰਡਾਰ ਦਰਬ ਅਰਬ ਖਰਬ ਪੇਖਿ ਲੀਲਾ ਮਨੁ ਸਧਾਰੈ ॥ ਨਹ ਸੰਗਿ ਗਾਮਨੀ ॥ ੧ ॥ ਸੁਤ ਕਲਤ੍ਰ ਭ੍ਰਾਤ ਮੀਤ ਉਰਝਿ ਪਰਿਓ ਭਰਮਿ ਮੋਹਿਓ ਇਹ ਬਿਰਖ ਛਾਮਨੀ॥ ਚਰਨ ਕਮਲ ਸਰਨ ਨਾਨਕ ਸੁਖੁ ਸੰਤ ਭਾਵਨੀ ॥ ੨ ॥ ੨ ॥ ੬੦ ॥

[ਪੰਨਾ ੯੦੧]

ਪਦ ਅਰਥ :—ਤਿਆਗਿ ਚਲੇ—ਛੱਡ ਕੇ ਤੁਰ ਪਏ। ਕਨਿਕ—ਸੋਨਾ। ਕਾਮਿਨੀ—ਇਸਤ੍ਰੀ।੧। ਰਹਾਉ।

ਭੰਡਾਰ—ਖ਼ਜ਼ਾਨੇ। ਦਰਬ—[ਦ੍ਰਵ੍ਯ] ਧਨ। ਅਰਬ ਖਰਬ—ਅਰਬਾਂ ਖਰਬਾਂ ਦੀ ਗਿਣਤੀ ਵਾਲੇ, ਬੇਅੰਤੁ। ਪੇਖਿ—ਵੇਖ ਕੇ। ਲੀਲਾ—ਖੇਡ। ਮਨੁ ਸਧਾਰੈ—ਮਨ ਢਾਰਸ ਬਣਾਂਦਾ ਹੈ। ਸੰਗਿ—ਨਾਲ। ਗਾਮਨੀ—ਜਾਂਦਾ।੧।

ਸੁਤ—ਪੁੱਤਰ। ਕਲਤ੍ਰ—ਇਸਤ੍ਰੀ। ਭ੍ਰਾਤ—ਭਰਾ। ਮੀਤ—ਮਿੱਤਰ। ਉਰਝਿ ਪਰਿਓ—ਉਲਝਿਆ ਪਿਆ ਹੈ, ਫਸਿਆ ਪਿਆ ਹੈ। ਭਰਮਿ—ਭਰਮ ਵਿਚ, ਭੁਲੇਖੇ ਵਿਚ। ਬਿਰਖ ਛਾਮਨੀ—ਰੁੱਖ ਦੀ ਛਾਂ। ਸੰਤ ਭਾਵਨੀ—ਸੰਤਾਂ ਨੂੰ ਚੰਗਾ ਲੱਗਦਾ ਹੈ।੨।

ਅਰਥ :—ਹੇ ਭਾਈ ! ਸੋਨਾ, ਇਸਤ੍ਰੀ ਆਦਿਕ ਮਾਇਆ ਦੇ ਠੱਗੇ ਹੋਏ ਜੀਵ

(ਆਖ਼ਰ ਦੁਨੀਆ ਦੇ ਸਾਰੇ) ਸੋਹਣੇ ਰੂਪ ਰੰਗ ਸੁਗੰਧੀਆਂ ਤੇ ਭੋਗ-ਪਦਾਰਥ ਛੱਡ ਕੇ (ਇਥੋਂ) ਤੁਰ ਪੈਂਦੇ ਹਨ। ੧। ਰਹਾਉ।

ਹੇ ਭਾਈ! ਬੇਅੰਤ ਧਨ ਦੇ ਖ਼ਜ਼ਾਨਿਆਂ ਦੀ ਮੌਜ ਵੇਖ ਵੇਖ ਕੇ (ਮਨੁਖ ਦਾ) ਮਨ (ਆਪਣੇ ਅੰਦਰ)ਵਾਰਸ ਬਣਾਂਦਾ ਰਹਿੰਦਾ ਹੈ, (ਪਰ ਇਹਨਾਂ ਵਿਚੋਂ ਕੋਈ ਚੀਜ਼ ਇਸ ਦੇ) ਨਾਲ ਨਹੀਂ ਜਾਂਦੀ। ੧।

ਹੇ ਭਾਈ! ਪੁੱਤਰ, ਇਸਤ੍ਰੀ, ਭਰਾ, ਮਿੱਤਰ (ਆਦਿਕ ਦੇ ਮੋਹ) ਵਿਚ ਜੀਵ ਫਸਿਆ ਰਹਿੰਦਾ ਹੈ, ਭੁਲੇਖੇ ਦੇ ਕਾਰਨ ਮੋਹ ਵਿਚ ਠੱਗਿਆ ਜਾਂਦਾ ਹੈ-ਪਰ ਇਹ ਸਭ ਕੁਝ ਰੁੱਖ ਦੀ ਛਾਂ (ਵਾਂਗ) ਹੈ।(ਇਸ ਵਾਸਤੇ)ਹੇ ਨਾਨਕ! ਪਰਮਾਤਮਾ ਦੇ ਸੋਹਣੇ ਚਰਨਾਂ ਦੀ ਸਰਨ ਦਾ ਸੁਖ ਹੀ ਸੰਤ ਜਨਾਂ ਨੂੰ ਚੰਗਾ ਲੱਗਦਾ ਹੈ।੨।੨।੯੦।

ੴ ਸਤਿਗੁਰਪ੍ਰਸਾਦਿ।। ਰਾਗੁ ਰਾਮਕਲੀ ਮਹਲਾ ੯ ਤਿਪਦੇ ॥ ਰੇ ਮਨ ਓਟ ਲੇਹੁ ਹਰਿਨਾਮਾ ।। ਜਾ ਕੈ ਸਿਮਰਨਿ ਦੁਰਮਤਿ ਨਾਸੈ ਪਾਵਹਿ ਪਦੁ ਨਿਰਬਾਨਾ ।।੧।। ਰਹਾਉ ।। ਬਡਭਾਗੀ ਤਿਹ ਜਨ ਕਉ ਜਾਨਹੁ ਜੋ ਹਰਿ ਕੇ ਗੁਨ ਗਾਵੈ ।। ਜਨਮ ਜਨਮ ਕੇ ਪਾਪ ਖੋਇ ਕੈ ਫੁਨਿ ਬੈਕੁੰਠਿ ਸਿਧਾਵੈ ।।੧।। ਅਜਾਮਲ ਕਉ ਅੰਤ ਕਾਲ ਮਹਿ ਨਾਰਾਇਨ ਸੁਧਿਆਈ।। ਜਾਂ ਗਤਿ ਕਉ ਜੋਗੀਸੁਰ ਬਾਛਤ ਸੋ ਗਤਿ ਛਿਨ ਮਹਿ ਪਾਈ।।੨।।ਨਾਹਿਨ ਗੁਨੁ ਨਾਹਿਨ ਕਛੁ ਬਿਦਿਆ ਧਰਮੁ ਕਉਨੁ ਗਜਿ ਕੀਨਾ ॥ ਨਾਨਕ ਬਿਰਦੁ ਰਾਮ ਕਾ ਦੇਖਹੁ ਅਭੈ ਦਾਨੁ ਤਿਹ ਦੀਨਾ ।। ੩ ।। ੧ ।। [ਪੰਨਾ ੯੦੨]

ਪਦ ਅਰਥ :—ਓਟ—ਆਸਰਾ। ਜਾ ਕੈ ਸਿਮਰਨਿ—ਜਿਸ ਹਰਿ-ਨਾਮ ਦੇ ਸਿਮਰਨ ਨਾਲ। ਦੁਰਮਤਿ—ਖੋਟੀ ਮਤਿ। ਨਿਰਬਾਨ ਪਦੁ—ਉਹ ਆਤਮਕ ਦਰਜਾ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ, ਵਾਸਨਾ-ਰਹਿਤ। ੧। ਰਹਾਉ।

ਤਿਹ ਜਨ ਕਉ—ਉਸ ਮਨੁੱਖ ਨੂੰ। ਜਾਨਹੁ—ਸਮਝੋ। ਖੋਇ ਕੈ—ਨਾਸ ਕਰ ਕੇ। ਫੁਨਿ—ਮੁੜ, ਫਿਰ। ਬੈਕੁੰਠਿ—ਬੈਕੁੰਠ ਵਿਚ। ਸਿਧਾਵੈ—ਜਾ ਪਹੁੰਚਦਾ ਹੈ। ੧।

ਕਾਲ—ਸਮਾ। ਮਹਿ—ਵਿਚ। ਨਾਰਾਇਨ ਸੁਧਿ—ਪਰਮਾਤਮਾ ਦੀ ਸੂਝ। [ਪੁਰਾਣਿਕ ਕਹਾਣੀ ਇਹ ਹੈ ਕਿ ਪਾਪੀ ਅਜਾਮਲ ਨੇ ਆਪਣੇ ਛੋਟੇ ਪੁੱਤਰ ਦਾ ਨਾਮ ਨਾਰਾਇਨ ਰੱਖਿਆ ਸੀ। ਅੰਤ ਵੇਲੇ ਆਪਣੇ ਪੁੱਤਰ ਨਾਰਾਇਨ ਨੂੰ ਯਾਦ ਕਰਦਿਆਂ ਉਸ ਨੂੰ ਪ੍ਰਭੂ-ਨਾਰਾਇਨ ਦੀ ਸੂਝ ਆ ਗਈ]। ਗਤਿ—ਉੱਚੀ ਆਤਮਕ ਅਵਸਥਾ। ਕਉ—ਨੂੰ। ਜੋਗੀਸੁਰ—ਵੱਡੇ ਵੱਡੇ ਜੋਗੀ। ੨।

ਨਾਹਿਨ–ਨਹੀਂ । ਗਜਿ–ਗਜ ਨੇ । [ਭਾਗਵਤ ਅਨੁਸਾਰ ਕਥਾ–ਇਕ ਗੰਧਰਵ ਕਿਸੇ ਰਿਸ਼ੀ ਦੇ ਸਰਾਪ ਨਾਲ ਹਾਥੀ ਬਣ ਗਿਆ।ਇਸ ਹਾਥੀ ਨੂੰ ਵਰੁਣ ਦੇ ਤਲਾਬ ਵਿਚ ਇਕ ਤੰਦੂਏ ਨੇ ਆਪਣੀਆਂ ਤੰਦਾਂ ਵਿਚ ਫੜ ਲਿਆ । ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਉਹ ਬਚ ਨਿਕਲਿਆ] । ਬਿਰਦੁ–ਮੁੱਢ ਕਦੀਮਾਂ ਦਾ ਉਭਾਉ । ਅਭੈ–ਨਿਰਭੈਤਾ ਦਾ।ਅਭੈ ਦਾਨੁ–ਨਿਰਭੈਤਾ ਦੀ ਬਖ਼ਸ਼ਸ਼ । ਤਿਹ–ਉਸ ਨੂੰ । ੨ ।

ਅਰਥ :–ਹੇ (ਮੇਰੇ) ਮਨ ! ਪਰਮਾਤਮਾ ਦੇ ਨਾਮ ਦਾ ਆਸਰਾ ਲਿਆ ਕਰ, ਜਿਸ ਨਾਮ ਦੇ ਸਿਮਰਨ ਨਾਲ ਖੋਟੀ ਮਤਿ ਨਾਸ ਹੋ ਜਾਂਦੀ ਹੈ, (ਨਾਮ ਦੀ ਬਰਕਤਿ ਨਾਲ) ਤੂੰ ਉਹ ਆਤਮਕ ਦਰਜਾ ਹਾਸਲ ਕਰ ਲਏਂਗਾ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ। ੧ । ਰਹਾਉ ।

ਹੇ (ਮੇਰੇ) ਮਨ ! ਜਿਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਹੈ ਉਸ ਨੂੰ ਵੱਡੇ ਭਾਗਾਂ ਵਾਲਾ ਸਮਝ । ਉਹ ਮਨੁੱਖ ਅਨੇਕਾਂ ਜਨਮਾਂ ਦੇ ਪਾਪ ਦੂਰ ਕਰ ਕੇ ਫਿਰ ਬੈਕੁੰਠ ਵਿਚ ਜਾ ਪਹੁੰਚਦਾ ਹੈ । ੧ ।

(ਹੇ ਮੇਰੇ ਮਨ ! ਵੇਖ, ਪੁਰਾਣੀ ਪ੍ਰਸਿੱਧ ਕਥਾ ਹੈ ਕਿ) ਅਖ਼ੀਰਲੇ ਵੇਲੇ (ਪਾਪੀ) ਅਜਾਮਲ ਨੂੰ ਪਰਮਾਤਮਾ ਦੇ ਨਾਮ ਦੀ ਸੂਝ ਆ ਗਈ, ਉਸ ਨੇ ਉਹ ਉੱਚੀ ਆਤਮਕ ਅਵਸਥਾ ਇਕ ਪਲਕ ਵਿਚ ਹਾਸਲ ਕਰ ਲਈ, ਜਿਸ ਆਤਮਕ ਅਸਵਥਾ ਨੂੰ ਵੱਡੇ ਵੱਡੇ ਜੋਗੀ ਤਾਂਘਦੇ ਰਹਿੰਦੇ ਹਨ । ੨ ।

ਹੇ ਨਾਨਕ ! (ਆਖ–ਹੇ ਮੇਰੇ ਮਨ ! ਗਜ ਦੀ ਕਥਾ ਭੀ ਸੁਣ । ਗਜ ਵਿਚ) ਨਾਂਹ ਕੋਈ ਗੁਣ ਸੀ, ਨਾਂਹ ਹੀ ਉਸ ਨੂੰ ਕੋਈ ਵਿੱਦਿਆ ਪ੍ਰਾਪਤ ਸੀ । (ਉਸ ਵਿਚਾਰੇ)ਗਜ ਨੇ ਕਿਹੜਾ ਧਾਰਮਿਕ ਕੰਮ ਕਰਨਾ ਸੀ? ਪਰ ਵੇਖ ਪਰਮਾਤਮਾ ਦਾ ਮੁੱਢ-ਕਦੀਮਾਂ ਦਾ ਸੁਭਾਉ, ਪਰਮਾਤਮਾ ਨੇ ਉਸ ਗਜ ਨੂੰ ਨਿਰਭੈਤਾ ਦੀ ਪਦਵੀ ਬਖ਼ਸ਼ ਦਿੱਤੀ । ੩ । ੧ ।

ਰਾਮਕਲੀ ਮਹਲਾ ੯।। ਸਾਧੋ ਕਉਨ ਜੁਗਤਿ ਅਬਿ ਕੀਜੈ ।। ਜਾ ਤੇ ਦੁਰਮਤਿ ਸਗਲ ਬਿਨਾਸੈ ਰਾਮ ਭਗਤਿ ਮਨੁ ਭੀਜੈ ।। ੧ ।। ਰਹਾਉ ।। ਮਨੁ ਮਾਇਆ ਮਹਿ ਉਰਝਿ ਰਹਿਓ ਹੈ ਬੂਝੈ ਨਹ ਕਛੁ ਗਿਆਨਾ ।। ਕਉਨੁ ਨਾਮੁ ਜਗੁ ਜਾ ਕੈ ਸਿਮਰੈ ਪਾਵੈ ਪਦੁ ਨਿਰਬਾਨਾ ।। ੧ ।। ਭਏ ਦਇਆਲ ਕ੍ਰਿਪਾਲ ਸੰਤ ਜਨ ਤਬ ਇਹ ਬਾਤ ਬਤਾਈ।।ਸਰਬ ਧਰਮ ਮਾਨੋ ਤਿਹ ਕੀਏ ਜਿਹ ਪ੍ਰਭ ਕੀਰਤਿ ਗਾਈ ।।੨।। ਰਾਮਨਾਮੁ ਨਰੁ ਨਿਸਿ ਬਾਸੁਰ ਮਹਿ ਨਿਮਖ ਏਕ ਉਰਿ ਧਾਰੈ ।। ਜਮ ਕੋ ਤ੍ਰਾਸ ਮਿਟੈ ਨਾਨਕ ਤਿਹ ਅਪੁਨੋ ਜਨਮੁ ਸਵਾਰੈ ।।੩।।੨।। [ਪੰਨਾ ੯੦੨]

ਪਦ ਅਰਥ :—ਸਾਧੋ—ਹੇ ਸੰਤ ਜਨੋ ! ਕਉਨ ਜੁਗਤਿ—ਕਿਹੜੀ ਵਿਓਂਤ ? ਕੀਜੈ—ਕਰਨੀ ਚਾਹੀਦੀ ਹੈ। ਜਾ ਤੇ—ਜਿਸ (ਵਿਓਂਤ) ਨਾਲ। ਦੁਰਮਤਿ ਸਗਲ—ਸਾਰੀ ਖੋਟੀ ਮਤਿ। ਭੀਜੈ—ਭਿੱਜ ਜਾਏ। ੧। ਰਹਾਉ।

ਮਹਿ—ਵਿਚ। ਉਰਝਿ ਰਹਿਓ ਹੈ—ਫਸਿਆ ਹੋਇਆ ਹੈ, ਉਲਝਿਆ ਹੋਇਆ ਹੈ। ਗਿਆਨਾ—ਸਿਆਣਪ ਦੀ ਗੱਲ। ਕਉਨੁ ਨਾਮੁ—ਉਹ ਕਿਹੜਾ ਨਾਮ ਹੈ ? ਜਾ ਕੈ ਸਿਮਰੈ—ਜਿਸ ਦਾ ਸਿਮਰਨ ਕਰਨ ਨਾਲ। ਪਦੁ ਨਿਰਬਾਨ—ਵਾਸਨਾ-ਰਹਿਤ ਦਰਜਾ, ਉਹ ਆਤਮਕ ਦਰਜਾ ਜਿਥੇ ਮਾਇਆ ਦੀ ਵਾਸਨਾ ਪੋਹ ਨਹੀਂ ਸਕਦੀ। ੧।

ਦਇਆਲ—ਦਇਆਵਾਨ। ਬਾਤ—ਗੱਲ। ਬਤਾਈ—ਦੱਸੀ। ਮਾਨੋ—ਇਹ ਮਿਥ ਲਵੋ ਕਿ। ਤਿਹ—ਉਸ ਮਨੁੱਖ ਨੇ। ਜਿਹ—ਜਿਸ ਮਨੁੱਖ ਨੇ। ਪ੍ਰਭ ਕੀਰਤਿ—ਪ੍ਰਭੂ ਦੀ ਸਿਫ਼ਤਿ ਸਾਲਾਹ (ਦਾ ਗੀਤ)। ੨।

ਨਰੁ—(ਜਿਹੜਾ) ਮਨੁੱਖ। ਨਿਸਿ—ਰਾਤ। ਬਾਸੁਰ—ਦਿਨ। ਨਿਮਖ—[ਨਿਮੇਸ਼] ਅੱਖ ਝਮਕਣ ਜਿਤਨਾ ਸਮਾ। ਉਰਿ ਧਾਰੈ—ਹਿਰਦੇ ਵਿਚ ਟਿਕਾਂਦਾ ਹੈ। ਉਰਿ—ਹਿਰਦੇ ਵਿਚ। ਕੋ—ਦਾ। ਤ੍ਰਾਸ—ਡਰ, ਸਹਿਮ। ਤਿਹ—ਉਸ (ਮਨੁੱਖ) ਦਾ। ਸਵਾਰੈ—ਸਫਲ ਕਰ ਲੈਂਦਾ ਹੈ। ੩।

ਅਰਥ :—ਹੇ ਸੰਤ ਜਨੋ ! ਹੁਣ (ਇਸ ਮਨੁੱਖਾ ਜਨਮ ਵਿਚ ਉਹ) ਕਿਹੜੀ ਵਿਓਂਤ ਕੀਤੀ ਜਾਏ, ਜਿਸ ਦੇ ਕਰਨ ਨਾਲ (ਮਨੁੱਖ ਦੇ ਅੰਦਰੋਂ) ਸਾਰੀ ਖੋਟੀ ਮਤਿ ਨਾਸ ਹੋ ਜਾਏ, ਅਤੇ (ਮਨੁੱਖ ਦਾ) ਮਨ ਪਰਮਾਤਮਾ ਦੀ ਭਗਤੀ ਵਿਚ ਰਚ-ਮਿਚ ਜਾਏ ? ੧। ਰਹਾਉ।

ਹੇ ਸੰਤ ਜਨੋ ! (ਆਮ ਤੌਰ ਤੇ ਮਨੁੱਖ ਦਾ) ਮਨ ਮਾਇਆ (ਦੇ ਮੋਹ) ਵਿਚ ਉਲਝਿਆ ਰਹਿੰਦਾ ਹੈ, ਮਨੁੱਖ ਰਤਾ ਭਰ ਭੀ ਸਿਆਣਪ ਦੀ ਇਹ ਗੱਲ ਨਹੀਂ ਵਿਚਾਰਦਾ ਕਿ ਉਹ ਕਿਹੜਾ ਨਾਮ ਹੈ ਜਿਸ ਦਾ ਸਿਮਰਨ ਕਰਨ ਨਾਲ ਜਗਤ ਵਾਸਨਾ-ਰਹਿਤ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ। ੧।

ਹੇ ਭਾਈ ! ਜਦੋਂ ਸੰਤ ਜਨ (ਕਿਸੇ ਭਾਗਾਂ ਵਾਲੇ ਉਤੇ) ਦਇਆਵਾਨ ਹੁੰਦੇ ਹਨ ਕਿਰਪਾਲ ਹੁੰਦੇ ਹਨ, ਤਦੋਂ ਉਹ (ਉਸ ਮਨੁੱਖ ਨੂੰ) ਇਹ ਗੱਲ ਦੱਸਦੇ ਹਨ ਕਿ—ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ, ਇਉਂ ਮਿਥ ਲਵੋ ਕਿ ਉਸ ਨੇ ਸਾਰੇ ਹੀ ਧਾਰਮਿਕ ਕੰਮ ਕਰ ਲਏ। ੨।

ਹੇ ਨਾਨਕ ! (ਆਖ—ਹੇ ਭਾਈ ! ਜਿਹੜਾ) ਮਨੁੱਖ ਦਿਨ ਰਾਤ ਵਿਚ ਅੱਖ ਦੇ ਇਕ ਫੋਰ ਲਈ ਭੀ ਪਰਮਾਤਮਾ ਦਾ ਨਾਮ (ਆਪਣੇ) ਹਿਰਦੇ ਵਿਚ ਵਸਾਂਦਾ ਹੈ, ਉਹ ਮਨੁੱਖ ਆਪਣਾ (ਮਨੁੱਖਾ) ਜਨਮ ਸਫਲ ਕਰ ਲੈਂਦਾ ਹੈ, ਉਸ ਮਨੁੱਖ ਦੇ ਦਿਲ ਵਿਚੋਂ ਮੌਤ ਦਾ

ਸਹਿਮ ਦੂਰ ਹੋ ਜਾਂਦਾ ਹੈ। ੩। ੨।

ਰਾਮਕਲੀ ਮਹਲਾ ੯ ॥ ਪ੍ਰਾਨੀ ਨਾਰਾਇਨ ਸੁਧਿ ਲੇਹਿ ॥ ਛਿਨੁ ਛਿਨੁ ਅਉਧ ਘਟੈ ਨਿਸਿ ਬਾਸੁਰ ਬ੍ਰਿਥਾ ਜਾਤੁ ਹੈ ਦੇਹ ॥ ੧ ॥ ਰਹਾਉ ॥ ਤਰੁਨਾਪੋ ਬਿਖਿਅਨ ਸਿਉ ਖੋਇਓ ਬਾਲਪਨੁ ਅਗਿਆਨਾ ॥ ਬਿਰਧਿ ਭਇਓ ਅਜਹੂ ਨਹੀ ਸਮਝੈ ਕਉਨ ਕੁਮਤਿ ਉਰਝਾਨਾ ॥ ੧ ॥ ਮਾਨਸ ਜਨਮੁ ਦੀਓ ਜਿਹ ਠਾਕੁਰਿ ਸੋ ਤੈ ਕਿਉ ਬਿਸਰਾਇਓ ॥ ਮੁਕਤਿ ਹੋਤ ਨਰ ਜਾ ਕੈ ਸਿਮਰੈ ਨਿਮਖ ਨ ਤਾ ਕਉ ਗਾਇਓ ॥ ੨ ॥ ਮਾਇਆ ਕੋ ਮਦੁ ਕਹਾ ਕਰਤੁ ਹੈ ਸੰਗਿ ਨ ਕਾਹੂ ਜਾਈ॥ਨਾਨਕੁ ਕਹਤ ਚੇਤਿ ਚਿੰਤਾਮਨਿ ਹੋਇ ਹੈ ਅੰਤਿ ਸਹਾਈ ॥੩॥੩॥੮੧॥ [ਪੰਨਾ ੯੦੨]

ਪਦ ਅਰਥ :-ਪ੍ਰਾਨੀ-ਹੇ ਪ੍ਰਾਣੀ ! ਹੇ ਜੀਵ ! ਨਾਰਾਇਨ ਸੁਧਿ-ਪਰਮਾਤਮਾ ਦੀ ਯਾਦ। ਲੇਹਿ-(ਹਿਰਦੇ ਵਿਚ) ਟਿਕਾਈ ਰੱਖ। ਛਿਨੁ ਛਿਨੁ-ਇਕ ਇਕ ਛਿਨ ਕਰ ਕੇ। ਅਉਧ-ਉਮਰ। ਨਿਸਿ-ਰਾਤ। ਬਾਸੁਰ-ਦਿਨ। ਬ੍ਰਿਥਾ-ਵਿਅਰਥ। ਦੇਹ-ਸਰੀਰ। ੧। ਰਹਾਉ।

ਤਰੁਨਾਪੋ-[ਤਰੁਣ-ਜੁਆਨ] ਜਵਾਨੀ। ਬਿਖਿਅਨ ਸਿਉ-ਵਿਸ਼ਿਆਂ ਨਾਲ। ਖੋਇਓ-ਤੂੰ ਗਵਾ ਲਿਆ। ਬਾਲਪਨੁ-ਬਾਲ-ਉਮਰ। ਅਗਿਆਨਾ-ਅੰਞਾਣਪੁਣਾ। ਬਿਰਧਿ-ਬੁੱਢਾ। ਅਜਹੂ-ਅਜੇ ਭੀ। ਕਉਨ ਕੁਮਤਿ-ਕਿਹੜੀ ਖੋਟੀ ਮਤਿ ਵਿਚ? ਉਰਝਾਨਾ-ਉਲਝਿਆ ਪਿਆ ਹੈਂ। ੧।

ਮਾਨਸ ਜਨਮੁ-ਮਨੁੱਖਾ ਜਨਮ। ਜਿਹ ਠਾਕੁਰਿ-ਜਿਸ ਠਾਕੁਰ ਨੇ। ਤੈ-ਤੂੰ (ਹੇ ਪ੍ਰਾਣੀ !)। ਮੁਕਤਿ-ਮਾਇਆ ਦੇ ਬੰਧਨਾਂ ਤੋਂ ਖਲਾਸੀ। ਨਰ-ਹੇ ਮਨੁੱਖ ! ਜਾ ਕੈ ਸਿਮਰੈ-ਜਿਸ ਦਾ ਸਿਮਰਨ ਕਰਨ ਨਾਲ। ਨਿਮਖ-ਅੱਖ ਝਮਕਣ ਜਿਤਨਾ ਸਮਾ। ਤਾ ਕਉ-ਉਸ (ਪਰਮਾਤਮਾ) ਨੂੰ। ੨।

ਕੋ-ਦਾ। ਮਦੁ-ਨਸ਼ਾ, ਮਾਣ। ਕਹਾ-ਕਿਉਂ ? ਕਾਹੂ ਸੰਗਿ-ਕਿਸੇ ਦੇ ਭੀ ਨਾਲ। ਚੇਤਿ-ਚੇਤੇ ਕਰਦਾ ਰਹੁ, ਸਿਮਰਦਾ ਰਹੁ। ਚਿੰਤਾਮਨਿ-ਪਰਮਾਤਮਾ, (ਉਹ ਮਣੀ ਜੋ ਹਰੇਕ ਚਿਤਵਨੀ ਪੂਰੀ ਕਰ ਦੇਂਦੀ ਹੈ। ਸੁਵਰਗ ਵਿਚ ਮੰਨਿਆ ਗਿਆ ਉੱਤਮ ਪਦਾ-ਰਥ)। ਅੰਤਿ-ਅਖ਼ੀਰਲੇ ਵੇਲੇ। ਹੋਇ ਹੈ-ਹੋਇਗਾ। ਸਹਾਈ-ਮਦਦਗਾਰ। ੩।

ਅਰਥ :-ਹੇ ਭਾਈ ! ਪਰਮਾਤਮਾ ਦੀ ਯਾਦ ਹਿਰਦੇ ਵਿਚ ਵਸਾਈ ਰੱਖ। (ਪ੍ਰਭੂ ਦੀ ਯਾਦ ਤੋਂ ਬਿਨਾ ਤੇਰਾ ਮਨੁੱਖਾ) ਸਰੀਰ ਵਿਅਰਥ ਜਾ ਰਿਹਾ ਹੈ। ਦਿਨੇ ਰਾਤ ਇਕ ਇਕ ਛਿਨ ਕਰ ਕੇ ਤੇਰੀ ਉਮਰ ਘਟਦੀ ਜਾ ਰਹੀ ਹੈ। ੧। ਰਹਾਉ।

(ਜੀਵ ਭੀ ਅਜਬ ਮੰਦਭਾਗੀ ਹੈ ਕਿ ਇਸ ਨੇ) ਜਵਾਨੀ (ਦੀ ਉਮਰ) ਵਿਸ਼ੇ-ਵਿਕਾਰਾਂ ਵਿਚ ਗਵਾ ਲਈ, ਬਾਲ-ਉਮਰ ਅੰਞਾਣ-ਪੁਣੇ ਵਿਚ (ਗਵਾ ਲਈ। ਹੁਣ) ਬੁੱਢਾ ਹੋ ਗਿਆ ਹੈ, ਪਰ ਅਜੇ ਭੀ ਨਹੀਂ ਸਮਝਦਾ। (ਪਤਾ ਨਹੀਂ ਇਹ) ਕਿਸ ਖੋਟੀ ਮਤਿ ਵਿਚ ਫਸਿਆ ਪਿਆ ਹੈ। ੧।

ਹੇ ਪ੍ਰਾਣੀ ! ਜਿਸ ਠਾਕੁਰ-ਪ੍ਰਭੂ ਨੇ (ਤੈਨੂੰ) ਮਨੁੱਖਾ ਜਨਮ ਦਿੱਤਾ ਹੋਇਆ ਹੈ, ਤੂੰ ਉਸ ਨੂੰ ਕਿਉਂ ਭੁਲਾ ਰਿਹਾ ਹੈਂ ? ਹੇ ਨਰ ! ਜਿਸ ਪਰਮਾਤਮਾ ਦਾ ਨਾਮ ਸਿਮਰਨ ਨਾਲ ਮਾਇਆ ਦੇ ਬੰਧਨਾਂ ਤੋਂ ਖਲਾਸੀ ਹੁੰਦੀ ਹੈ ਤੂੰ ਅੱਖ ਦੇ ਇਕ ਫੋਰ ਲਈ ਭੀ ਉਸ (ਦੀ ਸਿਫ਼ਤਿ ਸਾਲਾਹ) ਨੂੰ ਨਹੀਂ ਗਾਂਦਾ। ੨।

ਹੇ ਪ੍ਰਾਣੀ ! ਕਿਉਂ ਮਾਇਆ ਦਾ (ਇਤਨਾ) ਮਾਣ ਤੂੰ ਕਰ ਰਿਹਾ ਹੈਂ ? (ਇਹ ਤਾਂ) ਕਿਸੇ ਦੇ ਨਾਲ ਭੀ (ਅਖ਼ੀਰ ਵੇਲੇ) ਨਹੀਂ ਜਾਂਦੀ। ਨਾਨਕ ਆਖਦਾ ਹੈ—ਹੈ ਭਾਈ ! ਪਰਮਾਤਮਾ ਦਾ ਸਿਮਰਨ ਕਰਦਾ ਰਹੁ। ਅੰਤ ਵੇਲੇ ਉਹ ਤੇਰਾ ਮਦਦਗ਼ਾਰ ਹੋਵੇਗਾ। ੩। ੩। ੮੧।

ਨੋਟ : ਅੰਕ ੮੧ ਦਾ ਵੇਰਵਾ :-

ਗੁਰੂ ਨਾਨਕ ਦੇਵ ਜੀ ਦੇ ਸ਼ਬਦ = ੧੧
ਗੁਰੂ ਅਮਰਦਾਸ ਜੀ ਦਾ ਸ਼ਬਦ = ੧
ਗੁਰੂ ਰਾਮਦਾਸ ਜੀ ਦੇ ਸ਼ਬਦ = ੬
ਗੁਰੂ ਅਰਜਨ ਸਾਹਿਬ ਦੇ ਸ਼ਬਦ = ੬੦
ਗੁਰੂ ਤੇਗ ਬਹਾਦਰ ਜੀ ਦੇ ਸ਼ਬਦ= ੩

ਜੋੜ ੮੧

—o—

ਰਾਮਕਲੀ ਮਹਲਾ ੧ ਅਸਟਪਦੀਆ

ੴ ਸਤਿਗੁਰਪ੍ਰਸਾਦਿ॥ਸੋਈ ਚੰਦੁ ਚੜਹਿ ਸੇ ਤਾਰੇ ਸੋਈ ਦਿਨੀਅਰੁ ਤਪਤ ਰਹੈ ॥ ਸਾ ਧਰਤੀ ਸੋ ਪਉਣੁ ਝੁਲਾਰੇ ਜੁਗ ਜੀਅ ਖੇਲੇ ਥਾਵ ਕੈਸੇ ॥੧॥ ਜੀਵਨ ਤਲਬ ਨਿਵਾਰਿ ॥ ਹੋਵੈ ਪਰਵਾਣਾ ਕਰਹਿ ਧਿਙਾਣਾ ਕਲਿ ਲਖਣ ਵੀਚਾਰਿ ॥੧॥ ਰਹਾਉ ॥ ਕਿਤੈ ਦੇਸਿ ਨ ਆਇਆ ਸੁਣੀਐ ਤੀਰਥ ਪਾਸਿ ਨ ਬੈਠਾ ॥ ਦਾਤਾ ਦਾਨੁ ਕਰੇ ਤਹ ਨਾਹੀ ਮਹਲ ਉਸਾਰਿ ਨ ਬੈਠਾ॥੨॥ ਜੇ ਕੋ ਸਤੁ ਕਰੇ ਸੋ ਛੀਜੈ ਤਪ ਘਰਿ ਤਪੁ ਨ ਹੋਈ ॥ ਜੇ ਕੋ ਨਾਉ ਲਏ ਬਦਨਾਵੀ ਕਲਿ ਕੇ ਲਖਣ ਏਈ ॥੩॥ ਜਿਸੁ ਸਿਕਦਾਰੀ ਤਿਸਹਿ ਖੁਆਰੀ ਚਾਕਰ ਕੇਹੇ ਡਰਣਾ ॥ ਜਾ ਸਿਕਦਾਰੈ ਪਵੈ ਜੰਜੀਰੀ ਤਾ ਚਾਕਰ ਹਥਹੁ ਮਰਣਾ ॥੪॥ ਆਖੁ ਗੁਣਾ ਕਲਿ ਆਈਐ ॥ ਤਿਹੁ ਜੁਗ ਕੇਰਾ ਰਹਿਆ ਤਪਾਵਸੁ ਜੇ ਗੁਣ ਦੇਹਿ ਤ ਪਾਈਐ ॥ ੧ ॥ ਰਹਾਉ ॥ ਕਲਿ ਕਲਵਾਲੀ ਸਰਾ ਨਿਬੇੜੀ ਕਾਜੀ ਕ੍ਰਿਸਨਾ ਹੋਆ ॥ ਬਾਣੀ ਬ੍ਰਹਮਾ ਬੇਦੁ ਅਥਰਬਣੁ ਕਰਣੀ ਕੀਰਤਿ ਲਹਿਆ ॥੫॥ ਪਤਿ ਵਿਣੁ ਪੂਜਾ ਸਤ ਵਿਣੁ ਸੰਜਮੁ ਜਤ ਵਿਣੁ ਕਾਹੇ ਜਨੇਊ ॥ ਨਾਵਹੁ ਧੋਵਹੁ ਤਿਲਕੁ ਚੜਾਵਹੁ ਸੁਚ ਵਿਣੁ ਸੋਚ ਨ ਹੋਈ ॥੬॥ ਕਲਿ ਪਰਵਾਣੁ ਕਤੇਬ ਕੁਰਾਣੁ ॥ ਪੋਥੀ ਪੰਡਿਤ ਰਹੇ ਪੁਰਾਣ॥ ਨਾਨਕ ਨਾਉ ਭਇਆ ਰਹਮਾਣੁ ॥ ਕਰਿ ਕਰਤਾ ਤੂ ਏਕੋ ਜਾਣੁ॥੭॥ਨਾਨਕ ਨਾਮੁ ਮਿਲੈ ਵਡਿਆਈ ਏਦੂ ਉਪਰਿ ਕਰਮੁ ਨਹੀ ॥ ਜੇ ਘਰਿ ਹੋਦੈ ਮੰਗਣਿ ਜਾਈਐ ਫਿਰਿ ਓਲਾਮਾ ਮਿਲੈ ਤਹੀ ॥੮॥੧॥ [ਪੰਨਾ ੯੦੨]

ਪਦ ਅਰਥ :–ਸੋਈ–ਉਹੀ।ਚੜਹਿ–ਚੜ੍ਹਦੇ ਹਨ। ਦਿਨੀਅਰੁ–[ਦਿਨਕਰ]ਸੂਰਜ। ਸਾ–ਉਹੀ [ਨੋਟ ! ਪੜਨਾਂਵ 'ਸਾ' ਇਸਤ੍ਰੀ ਲਿੰਗ ਹੈ ਅਤੇ 'ਸੋ' ਪੁਲਿੰਗ ਹੈ] । ਝੁਲਾਰੇ–ਝੁਲਦੀ ਹੈ । ਜੁਗ ਜੀਅ ਖੇਲੇ–ਜੁਗ(ਦਾ ਪ੍ਰਭਾਵ) ਜੀਵਾਂ (ਦੇ ਮਨ) ਵਿਚ ਖੇਡ ਰਿਹਾ ਹੈ। ਥਾਵ ਕੈਸੇ–ਥਾਵਾਂ ਉਤੇ ਕਿਵੇਂ (ਖੇਡ ਸਕਦਾ ਹੈ) ? [ਨੋਟ ! ਲਫ਼ਜ਼'ਥਾਵ'ਲਫ਼ਜ਼ 'ਥਾਉ' ਤੋਂ ਬਹੁ ਵਚਨ ਹੈ] । ੧ ।

ਜੀਵਨ ਤਲਬ–ਜੀਵਨ ਦੀ ਤਲਬ, ਸੁਆਰਥ । ਤਲਬ–ਲੋੜ, ਇੱਛਾ । ਨਿਵਾਰਿ–ਦੂਰ ਕਰ। ਹੋਵੈ ਪਰਵਾਣਾ–(ਨਿਆਂ) ਮੰਨਿਆ ਜਾਂਦਾ ਹੈ। ਧਿਙਾਣਾ–ਜ਼ੋਰ, ਧੱਕਾ, ਜ਼ੁਲਮ । ਲਖਣ–ਲੱਛਣ, ਨਿਸ਼ਾਨੀਆਂ । ਵੀਚਾਰਿ–ਸਮਝ । ੧ । ਰਹਾਉ ।

ਕਿਤੈ ਦੇਸਿ–ਕਿਸੇ ਭੀ ਦੇਸ ਵਿਚ । ਤਹ–ਉਥੇ, ਉਸ ਥਾਂ । ਉਸਾਰਿ–ਉਸਾਰ ਕੇ, ਬਣਾ ਕੇ । ੨ ।

ਸਤੁ—ਉੱਚਾ ਆਚਰਨ। ਛੀਜੈ—ਛਿੱਜਦਾ ਹੈ, (ਲੋਕਾਂ ਦੀਆਂ ਨਜ਼ਰਾਂ ਵਿਚ)ਡਿੱਗਦਾ ਹੈ। ਤਪ ਘਰਿ—ਤਪ ਦੇ ਘਰ ਵਿਚ, ਜਿਸ ਦੇ ਘਰ ਵਿਚ ਤਪ ਹੈ, ਤਪਸ੍ਵੀ। ਨਾਉ—ਪਰਮਾਤਮਾ ਦਾ ਨਾਮ। ਏਈ-ਇਹੀ(ਹਨ)। ੩।

ਸਿਕਦਾਰੀ—ਸਰਦਾਰੀ, ਚੌਧਰ। ਖੁਆਰੀ—ਜ਼ਿੱਲਤ, ਦੁਰਗਤਿ। ਕੇਹੇ—ਕਾਹਦੇ ਵਾਸਤੇ? ਸਿਕਦਾਰੈ—ਸਿਕਦਾਰ ਨੂੰ। ੪।

ਆਖੁ ਗੁਣਾ—(ਪਰਮਾਤਮਾ ਦੇ) ਗੁਣ ਆਖ। ਕਲਿ ਆਈਐ—(ਜੇ) ਕਲਿਜੁਗ (ਭੀ) ਆਇਆ ਮੰਨ ਲਿਆ ਜਾਏ। ਕੇਰਾ—ਦਾ। ਤਿਹੁ ਜੁਗ ਕੇਰਾ—ਤਿੰਨਾਂ ਹੀ ਜੁਗਾਂ ਦਾ। ਰਹਿਆ—ਰਹਿ ਗਿਆ ਹੈ, ਮੁੱਕ ਗਿਆ ਹੈ। ਤਪਾਵਸੁ—ਨਿਆਂ, ਪ੍ਰਭਾਵ। ਦੇਹਿ—(ਹੇ ਪ੍ਰਭੂ!) ਤੂੰ ਦੇਵੇਂ। ਤ ਪਾਈਐ—ਤਾਂ (ਇਹ ਗੁਣ ਹੀ) ਪ੍ਰਾਪਤ ਕਰਨ ਜੋਗ ਹਨ। ੧। ਰਹਾਉ।

ਕਲਿ—(ਇਹੀ) ਕਲਜੁਗ (ਹੈ)। ਕਲ ਵਾਲੀ—ਕਲਹ ਵਾਲੀ, ਝਗੜੇ ਵਧਾਣ ਵਾਲੀ। ਸਰਾ—ਸ਼ਰਹ, ਧਾਰਮਕ ਕਾਨੂੰਨ। ਨਿਬੇੜੀ—ਨਿਬੇੜਾ ਕਰਨ ਵਾਲੀ, ਫ਼ੈਸਲਾ ਦੇਣ ਵਾਲੀ, ਨਿਆਂ ਕਰਨ ਵਾਲੀ। ਕਾਜੀ—ਝਗੜਿਆਂ ਦੇ ਫ਼ੈਸਲੇ ਕਰਨ ਵਾਲਾ ਹਾਕਮ। ਕ੍ਰਿਸ਼ਨਾ—ਕਾਲਾ, ਕਾਲੇ ਦਿਲ ਵਾਲਾ, ਵੱਢੀ-ਖ਼ੋਰ। ਕਰਣੀ—ਉੱਚਾ ਆਚਰਨ। ਕੀਰਤਿ—ਪਰਮਾਤਮਾ ਦੀ ਸਿਫ਼ਤਿ ਸਾਲਾਹ। ਲਹਿਆ-(ਲੋਕਾਂ ਦੇ ਮਨਾਂ ਤੋਂ) ਲਹਿ ਗਏ ਹਨ। ੫।

ਪੂਜਾ—ਦੇਵ-ਪੂਜਾ, ਦੇਵਤਿਆਂ ਦੀ ਪੂਜਾ। ਪਤਿ—ਪ੍ਰਭੂ-ਪਤੀ। ਸਤ—ਉੱਚਾ ਆਚਰਨ। ਸੰਜਮੁ—ਇੰਦ੍ਰਿਆਂ ਨੂੰ ਰੋਕਣ ਦਾ ਜਤਨ। ਜਤ—ਕਾਮ-ਵਾਸਨਾ ਨੂੰ ਰੋਕਣਾ। ਕਾਹੇ—ਕੀਹ ਲਾਭ? ਵਿਅਰਥ। ਸੁਚ—ਪਵਿਤ੍ਰ ਆਚਰਨ। ਸੋਚ— ਪਵਿਤ੍ਰਤਾ। ੬।

ਕਲਿ—ਇਹ ਹੈ ਕਲਿਜੁਗ। ਪਰਵਾਣੁ—(ਜੇਹੜੇ "ਧਿਙਾਣਾ ਕਰਹਿ" ਉਹਨਾਂ ਦੇ ਦਬਾਉ ਹੇਠ) ਮੰਨੇ ਜਾ ਰਹੇ ਹਨ। ਰਹੇ—ਰਹਿ ਗਏ ਹਨ। ੭।

ਏਦੂ ਉਪਰਿ—ਇਸ ਤੋਂ ਸ੍ਰੇਸ਼ਟ। ਓਲਾਮਾ—ਗਿਲਾ, ਸ਼ਰਮ-ਸਾਰੀ। ਤਹੀ—ਉਥੇ। ੮।

ਅਰਥ :—(ਹੇ ਪੰਡਿਤ! ਆਪਣੇ ਮਨ ਵਿਚੋਂ) ਖ਼ੁਦ-ਗ਼ਰਜ਼ੀ ਦੂਰ ਕਰ (ਇਹ ਖ਼ੁਦ-ਗ਼ਰਜ਼ੀ ਕਲਿਜੁਗ ਹੈ। ਇਸ ਖ਼ੁਦ-ਗ਼ਰਜ਼ੀ ਦੇ ਅਸਰ ਹੇਠ ਜਰਵਾਣੇ ਲੋਕ ਕਮਜ਼ੋਰਾਂ ਉਤੇ) ਧੱਕਾ ਕਰਦੇ ਹਨ ਤੇ (ਉਹਨਾਂ ਦੀਆਂ ਨਜ਼ਰਾਂ ਵਿਚ) ਇਹ ਧੱਕਾ ਜਾਇਜ਼ ਸਮਝਿਆ ਜਾਂਦਾ ਹੈ। (ਖ਼ੁਦ-ਗ਼ਰਜ਼ੀ ਤੇ ਦੂਜਿਆਂ ਉਤੇ ਧੱਕਾ—ਹੇ ਪੰਡਿਤ! ਇਹਨਾਂ ਨੂੰ) ਕਲਿਜੁਗ ਦੇ ਲੱਛਣ ਸਮਝ। ੧। ਰਹਾਉ।

(ਜਿਸ ਅਸਲ ਕਲਿਜੁਗ ਦਾ ਜ਼ਿਕਰ ਅਸਾਂ ਕੀਤਾ ਹੈ ਉਸ) ਕਲਿਜੁਗ ਦਾ ਪ੍ਰਭਾਵ ਭੀ ਜੀਵਾਂ ਦੇ ਮਨਾਂ ਵਿਚ (ਖੇਡਾਂ) ਖੇਡਦਾ ਹੈ ਕਿਸੇ ਖ਼ਾਸ ਥਾਵਾਂ ਵਿਚ ਨਹੀਂ ਖੇਡ ਸਕਦਾ

(ਕਿਉਂਕਿ ਸਤਜੁਗ ਤ੍ਰੇਤਾ ਦੁਆਪੁਰ ਆਦਿਕ ਸਾਰੇ ਹੀ ਸਮਿਆਂ ਵਿਚ) ਉਹੀ ਚੰਦ੍ਰਮਾ ਚੜ੍ਹਦਾ ਆਇਆ ਹੈ,ਉਹੀ ਤਾਰੇ ਜੜ੍ਹਦੇ ਆ ਰਹੇ ਹਨ, ਉਹੀ ਸੂਰਜ ਚਮਕਦਾ ਆ ਰਿਹਾ ਹੈ, ਉਹੀ ਧਰਤੀ ਹੈ ਤੇ ਉਹੀ ਹਵਾ ਝੁਲਦੀ ਆ ਰਹੀ ਹੈ। ੧।

ਕਿਸੇ ਨੇ ਕਦੇ ਨਹੀਂ ਸੁਣਿਆ ਕਿ ਕਲਿਜੁਗ ਕਿਸੇ ਖਾਸ ਦੇਸ ਵਿਚ ਆਇਆ ਹੋਇਆ ਹੈ,ਕਿਸੇ ਖਾਸ ਤੀਰਥ ਕੋਲ ਬੈਠਾ ਹੋਇਆ ਹੈ। ਜਿਥੇ ਕੋਈ ਦਾਨੀ ਦਾਨ ਕਰਦਾ ਹੈ ਉਥੇ ਭੀ ਬੈਠਾ ਹੋਇਆ ਕਿਸੇ ਨਹੀਂ ਸੁਣਿਆ, ਕਿਸੇ ਖਾਸ ਥਾਂ ਕਲਿਜੁਗ ਮਹਲ ਉਸਾਰ ਕੇ ਨਹੀਂ ਬੈਠ ਰਿਹਾ। ੨।

ਜੇ ਕੋਈ ਮਨੁੱਖ ਆਪਣਾ ਆਚਰਨ ਉੱਚਾ ਬਣਾਂਦਾ ਹੈ ਤਾਂ ਉਹ (ਸਗੋਂ ਲੋਕਾਂ ਦੀਆਂ ਨਜ਼ਰਾਂ ਵਿਚ) ਡਿੱਗਦਾ ਹੈ, ਜੇ ਕੋਈ ਤਪੀ ਹੋਣ ਦਾ ਦਾਹਵਾ ਕਰਦਾ ਹੈ ਤਾਂ ਉਸ ਦੇ ਇੰਦ੍ਰੇ ਆਪਣੇ ਵੱਸ ਵਿਚ ਨਹੀਂ ਹਨ, ਜੇ ਕੋਈ ਪਰਮਾਤਮਾ ਦਾ ਨਾਮ ਸਿਮਰਦਾ ਹੈ ਤਾਂ (ਲੋਕਾਂ ਵਿਚ ਸਗੋਂ ਉਸ ਦੀ) ਬਦਨਾਮੀ ਹੁੰਦੀ ਹੈ। (ਹੇ ਪੰਡਿਤ ! ਭੈੜਾ ਆਚਰਨ, ਇੰਦ੍ਰੇ ਵੱਸ ਵਿਚ ਨਾਂਹ ਹੋਣੇ, ਪ੍ਰਭੂ-ਨਾਮ ਵੱਲੋਂ ਨਫ਼ਰਤ–) ਇਹ ਹਨ ਕਲਿਜੁਗ ਦੇ ਲੱਛਣ। ੩।

(ਪਰ ਇਹ ਖ਼ੁਦ-ਗਰਜ਼ੀ ਤੇ ਕਮਜ਼ੋਰਾਂ ਉਤੇ ਧੱਕਾ ਸੁਖੀ ਜੀਵਨ ਦਾ ਰਸਤਾ ਨਹੀਂ) ਜਿਸ ਮਨੁੱਖ ਨੂੰ ਦੂਜਿਆਂ ਉਤੇ ਸਰਦਾਰੀ ਮਿਲਦੀ ਹੈ (ਤੇ ਉਹ ਕਮਜ਼ੋਰਾਂ ਉਤੇ ਧੱਕਾ ਕਰਦਾ ਹੈ) ਉਸ ਦੀ ਹੀ (ਇਸ ਧੱਕੇ-ਜ਼ੁਲਮ ਦੇ ਕਾਰਨ ਆਖ਼ਰ) ਦੁਰਗਤਿ ਹੁੰਦੀ ਹੈ। ਨੌਕਰਾਂ ਨੂੰ (ਉਸ ਦੁਰਗਤਿ ਤੋਂ ਕੋਈ) ਖ਼ਤਰਾ ਨਹੀਂ ਹੁੰਦਾ। ਜਦੋਂ ਉਸ ਸਰਦਾਰ ਦੇ ਗਲ ਵਿਚ ਫਾਹਾ ਪੈਂਦਾ ਹੈ, ਤਾਂ ਉਹ ਉਹਨਾਂ ਨੌਕਰਾਂ ਦੇ ਹੱਥੋਂ ਹੀ ਮਰਦਾ ਹੈ।੪।

(ਹੇ ਪੰਡਿਤ ! ਤੇਰੇ ਕਹਿਣ ਅਨੁਸਾਰ ਜੇ ਹੁਣ) ਕਲਿਜੁਗ ਦਾ ਸਮਾ ਹੀ ਆ ਗਿਆ ਹੈ (ਤਾਂ ਭੀ ਤੀਰਥ ਵਰਤ ਆਦਿਕ ਕਰਮ ਕਾਂਡ ਦਾ ਰਸਤਾ ਛੱਡ ਕੇ) ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰ (ਕਿਉਂਕਿ ਤੇਰੇ ਧਰਮ ਸ਼ਾਸਤ੍ਰਾਂ ਅਨੁਸਾਰ ਕਲਿਜੁਗ ਵਿਚ ਸਿਫ਼ਤਿ ਸਲਾਹ ਹੀ ਪਰਵਾਨ ਹੈ, ਤੇ) ਪਹਿਲੇ ਤਿੰਨ ਜੁਗਾਂ ਦਾ ਪ੍ਰਭਾਵ ਹੁਣ ਮੁੱਕ ਚੁਕਾ ਹੈ। (ਸੋ, ਹੇ ਪੰਡਿਤ ! ਪਰਮਾਤਮਾ ਅਗੇ ਇਉਂ ਅਰਜ਼ੋਈ ਕਰ–ਹੇ ਪ੍ਰਭੂ ! ਜੇ ਬਖ਼ਸ਼ਸ਼ ਕਰਨੀ ਹੈ ਤਾਂ ਆਪਣੇ) ਗੁਣਾਂ ਦੀ ਬਖ਼ਸ਼ਸ਼ ਕਰ,ਇਹ ਹੀ ਪ੍ਰਾਪਤ ਕਰਨ-ਜੋਗ ਹੈ। ੧। ਰਹਾਉ।

(ਹੇ ਪੰਡਿਤ) ਕਲਿਜੁਗ ਇਹ ਹੈ (ਕਿ ਮੁਸਲਮਾਨੀ ਹਕੂਮਤ ਵਿਚ ਧੱਕੇ-ਜ਼ੋਰ ਨਾਲ) ਝਗੜੇ ਵਧਾਣ ਵਾਲਾ ਇਸਲਾਮੀ ਕਾਨੂਨ ਹੀ ਫ਼ੈਸਲੇ ਕਰਨ ਵਾਲਾ ਬਣਿਆ ਹੋਇਆ ਹੈ, ਤੇ ਨਿਆਂ ਕਰਨ ਵਾਲਾ ਕਾਜ਼ੀ-ਹਾਕਮ ਵੱਢੀ-ਖ਼ੋਰ ਹੋ ਚੁਕਾ ਹੈ। ਜਾਦੂ ਟੂਣਿਆਂ ਦਾ ਪਰਚਾਰਕ) ਅਥਰਬਣ ਵੇਦ ਬ੍ਰਹਮਾ ਦੀ ਬਾਣੀ ਪ੍ਰਧਾਨ ਹੈ। ਉੱਚਾ

ਆਚਰਨ ਤੇ ਸਿਫ਼ਤਿ ਸਾਲਾਹ ਲੋਕਾਂ ਦੇ ਮਨਾਂ ਤੋਂ ਲਹਿ ਗਏ ਹਨ—ਇਹੀ ਹੈ ਕਲਿਜੁਗ। ।੫।

ਪਤੀ-ਪਰਮਾਤਮਾ ਨੂੰ ਵਿਸਾਰ ਕੇ ਇਹ ਦੇਵ-ਪੂਜਾ ਕਿਸ ਅਰਥ ? ਉੱਚੇ ਆਚਰਨ ਤੋਂ ਖ਼ਾਲੀ ਰਹਿ ਕੇ ਇਸ ਸੰਜਮ ਦਾ ਕੀਹ ਲਾਭ ? ਜੇ ਵਿਚਾਰਾਂ ਵਲੋਂ ਰੋਕ-ਥੰਮ ਨਹੀਂ ਤਾਂ ਜਨੇਊ ਕਹਿ ਸੰਵਾਰਦਾ ਹੈ ? (ਹੇ ਪੰਡਿਤ !) ਤੁਸੀ (ਤੀਰਥਾਂ ਤੇ) ਇਸ਼ਨਾਨ ਕਰਦੇ ਹੋ, (ਸਰੀਰ ਮਲ ਮਲ ਕੇ) ਧੋਂਦੇ ਹੋ, (ਮੱਥੇ ਉਤੇ) ਤਿਲਕ ਲਾਂਦੇ ਹੋ (ਤੇ ਇਸ ਨੂੰ ਪਵਿਤ੍ਰ ਕਰਮ ਸਮਝਦੇ ਹੋ), ਪਰ ਪਵਿਤ੍ਰ ਆਚਰਨ ਤੋਂ ਬਿਨਾ ਇਹ ਬਾਹਰਲੀ ਪਵਿਤ੍ਰਤਾ ਕੋਈ ਮੁੱਲ ਨਹੀਂ ਰੱਖਦੀ। (ਅਸਲ ਵਿਚ ਇਹ ਭੁਲੇਖਾ ਭੀ ਕਲਿਜੁਗ ਹੀ ਹੈ)।੬।

(ਇਸਲਾਮੀ ਹਕੂਮਤ ਦੇ ਧੱਕੇ ਜ਼ੋਰ ਦੇ ਹੇਠ) ਸ਼ਾਮੀ ਕਿਤਾਬਾਂ ਤੇ ਕੁਰਾਨ ਨੂੰ ਪ੍ਰਵਾਨਗੀ ਦਿੱਤੀ ਜਾ ਰਹੀ ਹੈ, ਪੰਡਿਤਾਂ ਦੀਆਂ ਪੁਰਾਣ ਆਦਿਕ ਪੁਸਤਕਾਂ ਰਹਿ ਗਈਆਂ ਹਨ । ਹੇ ਨਾਨਕ ! (ਇਸ ਜ਼ੋਰ ਧੱਕੇ ਹੇਠ ਹੀ) ਪਰਮਾਤਮਾ ਦਾ ਨਾਮ 'ਰਹਮਾਨ' ਆਖਿਆ ਜਾ ਰਿਹਾ ਹੈ—ਇਹ ਭੀ, ਹੇ ਪੰਡਿਤ ! ਕਲਿਜੁਗ (ਦਾ ਲੱਛਣ) ਹੈ (ਕਿਸੇ ਦੇ ਧਾਰਮਿਕ ਵਿਸ਼ਵਾਸ਼ ਨੂੰ ਧੱਕੇ ਜ਼ੋਰ ਨਾਲ 'ਧਿਙਾਣੇ' ਨਾਲ ਦਬਾਨਾ ਕਲਿਜੁਗ ਦਾ ਪ੍ਰਭਾਵ ਹੈ) । ਹੇ ਪੰਡਿਤ ! ਹਰ ਇਕੋ ਕਰਤਾਰ ਹੈ ਹੀ ਇਹ ਸਭ ਕੁਝ ਕਰਨ ਵਾਲਾ ਜਾਣ ।੭।

ਹੇ ਨਾਨਕ ! ਜੋ ਮਨੁੱਖ ਪਰਮਾਤਮਾ ਦਾ ਨਾਮ ਜਪਦਾ ਹੈ ਉਸ ਨੂੰ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ, ਨਾਮ ਜਪਣ ਤੋਂ ਵਧੀਕ ਚੰਗਾ ਹੋਰ ਕੋਈ ਕਰਮ ਨਹੀਂ ਹੈ (ਪੰਡਿਤ ਤੀਰਥ ਵਰਤ ਆਦਿਕ ਕਰਮਾਂ ਨੂੰ ਹੀ ਸਲਾਹੁੰਦਾ ਰਹਿੰਦਾ ਹੈ)। (ਪਰਮਾਤਮਾ ਹਰੇਕ ਦੇ ਹਿਰਦੇ ਵਿਚ ਵੱਸਦਾ ਹੈ, ਉਸ ਦਾ ਨਾਮ ਭੁਲਾਇਆਂ ਇਹ ਸੂਝ ਨਹੀਂ ਰਹਿੰਦੀ ਤੇ ਮਨੁੱਖ ਹੋਰ ਹੋਰ ਆਸਰੇ ਤੱਕਦਾ ਫਿਰਦਾ ਹੈ) ਪਰਮਾਤਮਾ ਦਾਤਾਰ ਹਿਰਦੇ-ਘਰ ਵਿਚ ਹੋਵੇ ਤੇ ਭੁੱਲੜ ਜੀਵ ਬਾਹਰ ਦੇਵੀ ਦੇਵਤਿਆਂ ਆਦਿਕ ਤੋਂ ਮੰਗਦਾ ਫਿਰੇ,ਇਹ ਦੋਸ਼ ਜੀਵ ਦੇ ਸਿਰ ਆਉਂਦਾ ਹੈ।੮।੧।

ਰਾਮਕਲੀ ਮਹਲਾ ੧॥ ਜਗੁ ਪਰਬੋਧਹਿ ਮੜੀ ਬਧਾਵਹਿ ॥ ਆਸਣੁ ਤਿਆਗਿ ਕਾਹੇ ਸਚੁ ਪਾਵਹਿ ॥ ਮਮਤਾ ਮੋਹੁ ਕਾਮਣਿ ਹਿਤਕਾਰੀ ॥ ਨਾ ਅਉਧੂਤੀ ਨਾ ਸੰਸਾਰੀ ॥੧॥ ਜੋਗੀ ਬੈਸਿ ਰਹਹੁ ਦੁਬਿਧਾ ਦੁਖੁ ਭਾਗੈ ॥ ਘਰਿ ਘਰਿ ਮਾਗਤ ਲਾਜ ਨ ਲਾਗੈ ॥੧॥ ਰਹਾਉ ॥ ਗਾਵਹਿ ਗੀਤ ਨ ਚੀਨਹਿ ਆਪੁ ॥ ਕਿਉ ਲਾਗੀ ਨਿਵਰੈ ਪਰਤਾਪੁ ॥ ਗੁਰ ਕੇ ਸਬਦਿ ਰਚੈ

ਮਨ ਭਾਇ ॥ ਭਿਖਿਆ ਸਹਜ ਵੀਚਾਰੀ ਖਾਇ ॥ ੨ ॥ ਭਸਮ ਚੜਾਇ ਕਰਹਿ ਪਾਖੰਡੁ ॥ ਮਾਇਆ ਮੋਹਿ ਸਹਹਿ ਜਮ ਡੰਡੁ ॥ ਫੂਟੈ ਖਾਪਰੁ ਭੀਖ ਨ ਭਾਇ ॥ ਬੰਧਨਿ ਬਾਧਿਆ ਆਵੈ ਜਾਇ ॥੩॥ ਬਿੰਦੁ ਨ ਰਾਖਹਿ ਜਤੀ ਕਹਾਵਹਿ ॥ ਮਾਈ ਮਾਗਤ ਤ੍ਰੈ ਲੋਭਾਵਹਿ ॥ ਨਿਰਦਇਆ ਨਹੀ ਜੋਤਿ ਉਜਾਲਾ ॥ ਬੂਡਤ ਬੂਡੇ ਸਰਬ ਜੰਜਾਲਾ ॥ ੪ ॥ ਭੇਖ ਕਰਹਿ ਖਿੰਥਾ ਬਹੁ ਥਟੂਆ ॥ ਝੂਠੋ ਖੇਲੁ ਖੇਲੈ ਬਹੁ ਨਟੂਆ ॥ ਅੰਤਰਿ ਅਗਨਿ ਚਿੰਤਾ ਬਹੁ ਜਾਰੇ ॥ ਵਿਣੁ ਕਰਮਾ ਕੈਸੇ ਉਤਰਸਿ ਪਾਰੇ ॥ ੫ ॥ ਮੁੰਦ੍ਰਾ ਫਟਕ ਬਨਾਈ ਕਾਨਿ ॥ ਮੁਕਤਿ ਨਹੀ ਬਿਦਿਆ ਬਿਗਿਆਨਿ ॥ ਜਿਹਵਾ ਇੰਦ੍ਰੀ ਸਾਦਿ ਲੋੁਭਾਨਾ ॥ ਪਸੂ ਭਏ ਨਹੀ ਮਿਟੈ ਨੀਸਾਨਾ ॥੬॥ ਤ੍ਰਿਬਿਧਿ ਲੋਗਾ ਤ੍ਰਿਬਿਧਿ ਜੋਗਾ॥ਸਬਦੁ ਵੀਚਾਰੈ ਚੂਕਸਿ ਸੋਗਾ॥ਊਜਲੁ ਸਾਚੁ ਸੁ ਸਬਦੁ ਹੋਇ ॥ ਜੋਗੀ ਜੁਗਤਿ ਵੀਚਾਰੇ ਸੋਇ ॥੭॥ ਤੁਝ ਪਹਿ ਨਉਨਿਧਿ ਤੂ ਕਰਣੈ ਜੋਗੁ॥ਥਾਪਿ ਉਥਾਪੇ ਕਰੇ ਸੁ ਹੋਗੁ ॥ਜਤੁ ਸਤੁ ਸੰਜਮੁ ਸਚੁ ਸੁਚੀਤੁ ॥ ਨਾਨਕ ਜੋਗੀ ਤ੍ਰਿਭਵਣ ਮੀਤੁ ॥੮॥੨॥ [ਪੰਨਾ ੯੦੩]

ਪਦ ਅਰਥ :–ਪਰਬੋਧਹਿ–ਤੂੰ ਜਗਾਂਦਾ ਹੈਂ, ਤੂੰ ਉਪਦੇਸ਼ ਕਰਦਾ ਹੈਂ (ਹੇ ਜੋਗੀ !)। ਮੜੀ–ਸਰੀਰ। ਬਧਾਵਹਿ–(ਪਾਲ ਪਾਲ ਕੇ) ਵਧਾਂਦਾ ਹੈਂ, ਮੋਟਾ ਕਰਦਾ ਹੈਂ।ਆਸਣੁ–ਮਨ ਦਾ ਆਸਣ, ਚਿੱਤ ਦੀ ਅਡੋਲਤਾ। ਕਾਹੇ–ਕਿਵੇਂ ? ਕਾਮਣਿ–ਇਸਤ੍ਰੀ। ਹਿਤ ਕਾਰੀ–ਪ੍ਰੇਮ ਕਰਨ ਵਾਲਾ। ਅਉਧੂਤੀ–ਤਿਆਗੀ। ਸੰਸਾਰੀ–ਗ੍ਰਿਹਸਤੀ। ੧।

ਜੋਗੀ–ਹੇ ਜੋਗੀ ! ਬੈਸਿ ਰਹਹੁ–ਬੈਠਾ ਰਹੁ, ਸ੍ਵੈ ਸਰੂਪ ਵਿਚ ਟਿਕਿਆ ਰਹੁ, ਮਨ ਨੂੰ ਟਿਕਾਉ। ਦੁਬਿਧਾ–ਦੁਚਿੱਤਾਪਨ, ਦੂਜੇ ਆਸਰੇ ਦੀ ਝਾਕ। ਭਾਗੈ–ਦੂਰ ਹੋ ਜਾਏ। ਲਾਜ ਨ ਲਾਗੈ–ਸ਼ਰਮ ਨਾਂਹ ਉਠਾਣੀ ਪਵੇ। ੧। ਰਹਾਉ।

ਆਪੁ–ਆਪਣੇ ਆਪ ਨੂੰ। ਨ ਚੀਨਹਿ–ਤੂੰ ਨਹੀਂ ਪਛਾਣਦਾ। ਲਾਗੀ–ਲੱਗੀ ਹੋਈ। ਨਿਵਰੈ–ਦੂਰ ਹੋਵੇ। ਪਰਤਾਪੁ–ਤਪਸ਼, ਤ੍ਰਿਸ਼ਨਾ-ਅੱਗ। ਸਬਦਿ–ਸ਼ਬਦ ਵਿਚ। ਮਨ ਭਾਇ–ਮਨ ਦੇ ਪ੍ਰੇਮ ਨਾਲ। ਸਹਜ ਵੀਚਾਰੀ–ਸਹਜ ਦਾ ਵਿਚਾਰਵਾਨ ਹੋ ਕੇ, ਅਡੋਲ ਆਤਮਕ ਅਵਸਥਾ ਦੀ ਸੂਝ ਵਾਲਾ ਹੋ ਕੇ। ਭਿਖਿਆ–(ਪਰਮਾਤਮਾ ਦੇ ਦਰ ਤੋਂ ਨਾਮ ਦੀ) ਭਿੱਛਿਆ। ਖਾਇ- ਖਾਂਦਾ ਹੈ [ਨੋਟ ! ਲਫ਼ਜ਼ 'ਖਾਹਿ' ਤੇ 'ਖਾਇ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ]। ੨।

ਭਸਮ–ਸੁਆਹ। ਚੜਾਇ–ਚੜ੍ਹਾ ਕੇ, ਮਲ ਕੇ। ਸਹਹਿ–ਤੂੰ ਸਹਾਰਦਾ ਹੈਂ। ਡੰਡੁ

–ਸਜ਼ਾ। ਖਾਪਰੁ–ਖੱਪਰ, ਹਿਰਦਾ। ਫੂਟੈ–ਟੁੱਟ ਜਾਂਦਾ ਹੈ, ਅਡੋਲਤਾ ਨਹੀਂ ਰਹਿ ਜਾਂਦੀ। ਭੀਖ–ਨਾਮ ਦੀ ਭਿੱਛਿਆ। ਭਾਇ–(ਪ੍ਰਭੂ ਦੇ) ਪ੍ਰੇਮ ਦੀ ਰਾਹੀਂ। ਬੰਧਨਿ–ਬੰਧਨ ਵਿਚ। ੩।

ਬਿੰਦੁ–ਵੀਰਜ। ਮਾਈ–ਮਾਇਆ। ਤ੍ਰੈ–(ਮਾਇਆ ਦੇ) ਤਿੰਨ ਗੁਣਾਂ ਵਿਚ। ਲੋਭਾਵਹਿ–ਤੂੰ ਗ੍ਰਸਿਆ ਹੋਇਆ ਹੈਂ। ਉਜਾਲਾ–ਚਾਨਣ, ਪ੍ਰਕਾਸ਼। ਬੂਡਤ ਬੂਡੇ–ਡੁੱਬਦਾ ਡੁੱਬ ਗਿਆ। ੪।

ਖਿੰਥਾ–ਗੋਦੜੀ।ਬਟੂਆ–ਬਾਟ, ਬਨਾਵਟ। ਨਟੂਆ–ਮਦਾਰੀ। ਅਗਨਿ–ਤ੍ਰਿਸ਼ਨਾ ਦੀ ਅੱਗ। ਜਾਰੇ–ਸਾੜਦੀ ਹੈ। ਕਰਮਾ–ਬਖ਼ਸ਼ਸ਼, ਮੇਹਰ। ਉਤਰਸਿ–ਉਤਰੇਗਾ। ੫।

ਫਟਕ–ਕੱਚ। ਕਾਨਿ- ਕੰਨ ਵਿਚ। ਗਿਆਨਿ -ਗਿਆਨ ਵਿਚ। ਬਿਗਿਆਨਿ–ਗਿਆਨ-ਹੀਨਤਾ ਵਿਚ। ਬਿਦਿਆ–ਆਤਮਕ ਵਿੱਦਿਆ। ਬਿਦਿਆ ਬਿਗਿਆਨੀ–ਆਤਮਕ ਵਿੱਦਿਆ ਦੀ ਸੂਝ ਤੋਂ ਬਿਨਾ। ਸਾਦਿ–ਸੁਆਦ ਵਿਚ, ਚਸਕੇ ਵਿਚ। ਲੋਭਾਨਾ–ਫਸਿਆ ਹੋਇਆ [ਨੋਟ ! ਅੱਖਰ 'ਲ' ਦੇ ਨਾਲ ਦੋ ਲਗਾਂ ਹਨ–ੋ ਅਤੇ ੁ। ਅਸਲ ਲਫ਼ਜ਼ 'ਲੋਭਾਨਾ' ਹੈ, ਇਥੇ 'ਲੁਭਾਨਾ' ਪੜ੍ਹਨਾ ਹੈ]। ਨੀਸਾਨਾ–ਨਿਸ਼ਾਨਾ, ਲੱਛਣ।੬।

ਤ੍ਰਿਬਿਧਿ–ਮਾਇਆ ਦੀਆਂ ਤਿੰਨ ਕਿਸਮਾਂ ਵਿਚ, ਤਿੰਨ ਗੁਣਾਂ ਵਿਚ। ਲੋਗਾ–ਸਾਧਾਰਨ ਜਗਤ। ਜੋਗਾ–ਜੋਗਧਾਰੀ, ਜੋਗੀ। ਸੋਗਾ–ਚਿੰਤਾ। ਊਜਲੁ ਹੋਇ–ਪਵਿਤ੍ਰ ਹੋ ਜਾਂਦਾ ਹੈ। ਜੁਗਤਿ–ਜੀਵਨ ਦੀ ਜਾਚ। ੭।

ਪਹਿ–ਪਾਸ। ਨਉਨਿਧ–ਨੌ ਖ਼ਜ਼ਾਨੇ, ਨੌ ਖ਼ਜ਼ਾਨਿਆਂ ਦਾ ਮਾਲਕ ਪ੍ਰਭੂ। ਉਥਾਪੇ-ਨਾਸ ਕਰਦਾ ਹੈ। ਸਚੁ–ਸਦਾ ਥਿਰ ਪ੍ਰਭੂ। ਸੁਚੀਤੁ–ਪਵਿਤ੍ਰ ਹਿਰਦੇ ਵਾਲਾ। ੮।

ਅਰਥ :–ਹੇ ਜੋਗੀ ! ਆਪਣੇ ਮਨ ਨੂੰ ਪ੍ਰਭੂ-ਚਰਨਾਂ ਵਿਚ ਜੋੜ (ਇਸ ਤਰ੍ਹਾਂ) ਹੋਰ ਹੋਰ ਆਸਰਾ ਭਾਲਣ ਦੀ ਝਾਕ ਦਾ ਦੁੱਖ ਦੂਰ ਹੋ ਜਾਇਗਾ। ਘਰ ਘਰ (ਮੰਗਣ ਦੀ) ਸ਼ਰਮ ਭੀ ਨਾਹ ਉਠਾਣੀ ਪਏਗੀ। ੧। ਰਹਾਉ।

(ਹੇ ਜੋਗੀ !) ਤੂੰ ਜਗਤ ਨੂੰ ਉਪਦੇਸ਼ ਕਰਦਾ ਹੈਂ (ਇਸ ਉਪਦੇਸ਼ ਦੇ ਵੱਟੇ ਘਰ ਘਰ ਭਿੱਛਿਆ ਮੰਗ ਕੇ ਆਪਣੇ) ਸਰੀਰ ਨੂੰ (ਪਾਲ ਪਾਲ ਕੇ) ਮੋਟਾ ਕਰ ਰਿਹਾ ਹੈਂ। (ਦਰ ਦਰ ਭਟਕਣ ਨਾਲ) ਮਨ ਦੀ ਅਡੋਲਤਾ ਗਵਾ ਕੇ ਤੂੰ ਸਦਾ-ਅਡੋਲ ਪਰਮਾਤਮਾ ਨੂੰ ਕਿਵੇਂ ਮਿਲ ਸਕਦਾ ਹੈਂ ? ਜਿਸ ਮਨੁੱਖ ਨੂੰ ਮਾਇਆ ਦੀ ਮਮਤਾ ਲੱਗੀ ਹੋਵੇ ਮਾਇਆ ਦਾ ਮੋਹ ਚੰਬੜਿਆ ਹੋਵੇ ਜੋ ਇਸਤ੍ਰੀ ਦਾ ਭੀ ਪ੍ਰੇਮੀ ਹੋਵੇ ਉਹ ਨਾਹ ਤਿਆਗੀ ਰਿਹਾ ਨਾਹ ਗ੍ਰਿਹਸਤੀ ਬਣਿਆ। ੧।

(ਹੇ ਜੋਗੀ ! ਤੂੰ ਲੋਕਾਂ ਨੂੰ ਸੁਣਾਨ ਵਾਸਤੇ) ਭਜਨ ਗਾਉਂਦਾ ਹੈਂ ਪਰ ਆਪਣੇ ਆਤਮਕ ਜੀਵਨ ਨੂੰ ਨਹੀਂ ਵੇਖਦਾ। (ਤੇਰੇ ਅੰਦਰ ਮਾਇਆ ਦੀ) ਤਪਸ਼ ਲੱਗੀ ਹੋਈ ਹੈ

(ਲੋਕਾਂ ਨੂੰ ਗੀਤ ਸੁਣਾਇਆਂ) ਇਹ ਕਿਵੇਂ ਦੂਰ ਹੋਵੇ ? ਜੇਹੜਾ ਮਨੁੱਖ ਮਨ ਦੇ ਪਿਆਰ ਨਾਲ ਗੁਰੂ ਦੇ ਸ਼ਬਦ ਵਿਚ ਲੀਨ ਹੁੰਦਾ ਹੈ, ਉਹ ਅਡੋਲ ਆਤਮਕ ਅਵਸਥਾ ਦੀ ਸੂਝ ਵਾਲਾ ਹੋ ਕੇ (ਪਰਮਾਤਮਾ ਦੇ ਦਰ ਤੋਂ ਨਾਮ ਦੀ) ਭਿੱਛਿਆ (ਲੈ ਕੇ) ਖਾਂਦਾ ਹੈ। ੨।

(ਹੇ ਜੋਗੀ !) ਤੂੰ (ਆਪਣੇ ਪਿੰਡੇ ਉਤੇ) ਸੁਆਹ ਮਲ ਕੇ (ਤਿਆਗੀ ਹੋਣ ਦਾ, ਪਖੰਡ ਕਰਦਾ ਹੈਂ (ਪਰ ਤੇਰੇ ਅੰਦਰ) ਮਾਇਆ ਦਾ ਮੋਹ(ਪ੍ਰਬਲ) ਹੈ (ਅੰਤਰ ਆਤਮੇ) ਤੂੰ ਜਮ ਦੀ ਸਜ਼ਾ ਭੁਗਤ ਰਿਹਾ ਹੈਂ। ਜਿਸ ਮਨੁੱਖ ਦਾ ਹਿਰਦਾ-ਖੱਪਰ ਟੁੱਟ ਜਾਂਦਾ ਹੈ (ਭਾਵ, ਮਾਇਆ ਦੇ ਮੋਹ ਦੇ ਕਾਰਨ ਜਿਸ ਦਾ ਹਿਰਦਾ ਅਡੋਲ ਨਹੀਂ ਰਹਿ ਜਾਂਦਾ) ਉਸ ਵਿਚ (ਨਾਮ ਦੀ) ਉਹ ਭਿੱਛਿਆ ਨਹੀਂ ਠਹਿਰ ਸਕਦੀ ਜੋ (ਪ੍ਰਭੂ-ਚਰਨਾਂ ਵਿਚ) ਪ੍ਰੇਮ ਦੀ ਰਾਹੀਂ ਮਿਲਦੀ ਹੈ। ਅਜੇਹਾ ਮਨੁੱਖ ਮਾਇਆ ਦੀ ਜੇਵੜੀ ਵਿਚ ਬੱਝਾ ਹੋਇਆ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। ੩।

ਹੇ ਜੋਗੀ ! ਤੂੰ ਕਾਮ-ਵਾਸਨਾ ਤੋਂ ਆਪਣੇ ਆਪ ਨੂੰ ਨਹੀਂ ਬਚਾਂਦਾ, ਪਰ (ਫਿਰ ਭੀ ਲੋਕਾਂ ਪਾਸੋਂ) ਜਤੀ ਅਖਵਾ ਰਿਹਾ ਹੈਂ। ਮਾਇਆ ਮੰਗਦਾ ਮੰਗਦਾ ਤੂੰ ਤ੍ਰੈਗੁਣੀ ਮਾਇਆ ਵਿਚ ਫਸ ਰਿਹਾ ਹੈਂ। ਜਿਸ ਮਨੁੱਖ ਦੇ ਅੰਦਰ ਕਠੋਰਤਾ ਹੋਵੇ ਉਸ ਦੇ ਹਿਰਦੇ ਵਿਚ ਪਰਮਾਤਮਾ ਦੀ ਜੋਤਿ ਦਾ ਚਾਨਣ ਨਹੀਂ ਹੋ ਸਕਦਾ, (ਸਹਿਜੇ ਸਹਿਜੇ) ਡੁੱਬਦਾ ਡੁੱਬਦਾ ਉਹ (ਮਾਇਆ ਦੇ) ਸਾਰੇ ਜੰਜਾਲਾਂ ਵਿਚ ਡੁੱਬ ਜਾਂਦਾ ਹੈ। ੪।

(ਹੇ ਜੋਗੀ !) ਗੋਦੜੀ ਆਦਿਕ ਦਾ ਬਹੁਤ ਅਡੰਬਰ ਰਚਾ ਕੇ ਤੂੰ (ਵਿਖਾਵੇ ਲਈ) ਧਾਰਮਿਕ ਪਹਿਰਾਵਾ ਕਰ ਰਿਹਾ ਹੈਂ, ਪਰ ਤੇਰਾ ਇਹ ਅਡੰਬਰ ਉਸ ਮਦਾਰੀ ਦੇ ਤਮਾਸ਼ੇ ਵਾਂਗ ਹੈ ਜੋ (ਲੋਕਾਂ ਪਾਸੋਂ ਮਾਇਆ ਕਮਾਣ ਲਈ) ਝੂਠਾ ਖੇਲ ਹੀ ਖੇਲਦਾ ਹੈ (ਭਾਵ, ਜੋ ਕੁਝ ਉਹ ਵਿਖਾਂਦਾ ਹੈ ਉਹ ਅਸਲ ਵਿਚ ਨਜ਼ਰ ਦਾ ਧੋਖਾ ਹੀ ਹੁੰਦਾ ਹੈ)। ਜਿਸ ਮਨੁੱਖ ਨੂੰ ਤ੍ਰਿਸ਼ਨਾ ਤੇ ਚਿੰਤਾ ਦੀ ਅੱਗ ਅੰਦਰੇ ਅੰਦਰ ਸਾੜ ਰਹੀ ਹੋਵੇ, ਉਹ ਪਰਮਾਤਮਾ ਦੀ ਮੇਹਰ ਤੋਂ ਬਿਨਾ (ਅੱਗ ਦੇ ਇਸ ਭਾਂਬੜ ਤੋਂ) ਪਾਰ ਨਹੀਂ ਲੰਘ ਸਕਦਾ। ੫।

(ਹੇ ਜੋਗੀ !) ਤੂੰ ਕੱਚ ਦੀ ਮੁੰਦ੍ਰਾ ਬਣਾਈ ਹੋਈ ਹੈ ਤੇ ਹਰੇਕ ਕੰਨ ਵਿਚ ਪਾਈ ਹੋਈ ਹੈ, ਪਰ ਆਤਮਕ ਵਿੱਦਿਆ ਦੀ ਸੂਝ ਤੋਂ ਬਿਨਾ (ਅੰਦਰ ਵੱਸਦੇ ਮਾਇਆ ਦੇ ਮੋਹ ਤੋਂ) ਖ਼ਲਾਸੀ ਨਹੀਂ ਹੋ ਸਕਦੀ। ਜੇਹੜਾ ਮਨੁੱਖ ਜੀਭ ਤੇ ਇੰਦ੍ਰੀ ਦੇ ਚਸਕੇ ਵਿਚ ਫਸਿਆ ਹੋਇਆ ਹੋਵੇ (ਉਹ ਵੇਖਣ ਨੂੰ ਤਾਂ ਮਨੁੱਖ ਹੈ, ਪਰ ਅਸਲ ਵਿਚ) ਪਸ਼ੂ ਹੈ, (ਬਾਹਰਲੇ ਤਿਆਗੀ ਭੇਖ ਨਾਲ) ਉਸ ਦਾ ਇਹ ਪਸ਼ੂ-ਪੁਣੇ ਦਾ (ਅੰਦਰਲਾ) ਲੱਛਣ ਮਿਟ ਨਹੀਂ ਸਕਦਾ। ੬।

(ਹੇ ਜੋਗੀ ! ਖਿੰਥਾ ਮੁੰਦ੍ਰਾ ਆਦਿਕ ਨਾਲ ਤਾਂ ਤਿਆਗੀ ਨਹੀਂ ਬਣ ਜਾਈਦਾ। ਸ਼ਬਦ ਤੋਂ ਬਿਨਾ ਜਿਵੇਂ) ਸਾਧਾਰਨ ਜਗਤ ਤ੍ਰੈਗੁਣੀ ਮਾਇਆ ਵਿਚ ਗ੍ਰਸਿਆ ਹੋਇਆ

ਹੈ ਤਿਵੇਂ (ਭੇਖਧਾਰੀ) ਜੋਗੀ ਹੈ। ਜੇਹੜਾ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਸੋਚ-ਮੰਡਲ ਵਿਚ ਵਸਾਂਦਾ ਹੈ, (ਮਾਇਆ ਦੇ ਮੋਹ ਤੋਂ ਪੈਦਾ ਹੋਣ ਵਾਲੀ) ਉਸ ਦੀ ਚਿੰਤਾ ਮਿਟ ਜਾਂਦੀ ਹੈ। ਉਹੀ ਮਨੁੱਖ ਪਵਿਤ੍ਰ ਹੋ ਸਕਦਾ ਹੈ ਜਿਸ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਤੇ ਉਸ ਦੀ ਸਿਫ਼ਤਿ ਸਾਲਾਹ ਦਾ ਸ਼ਬਦ ਵੱਸਦਾ ਹੈ, ਉਹੀ ਅਸਲ ਜੋਗੀ ਹੈ ਉਹੀ ਜੀਵਨ ਦੀ ਜੁਗਤਿ ਨੂੰ ਸਮਝਦਾ ਹੈ। ੭।

(ਹੇ ਜੋਗੀ !) ਤੂੰ ਸਭ ਕੁਝ ਕਰਨ ਦੇ ਸਮਰੱਥ ਪਰਮਾਤਮਾ ਨੂੰ ਸਿਮਰ, ਸਾਰੀ ਦੁਨੀਆ ਦੀ ਮਾਇਆ ਦਾ ਮਾਲਕ ਉਹ ਪ੍ਰਭੂ ਤੇਰੇ ਅੰਦਰ ਵੱਸਦਾ ਹੈ। ਉਹ ਆਪ ਹੀ ਜਗਤ ਰਚਨਾ ਕਰ ਕੇ ਆਪ ਹੀ ਨਾਸ ਕਰਦਾ ਹੈ, ਜਗਤ ਵਿਚ ਉਹੀ ਕੁਝ ਹੁੰਦਾ ਹੈ ਜੋ ਉਹ ਪ੍ਰਭੂ ਕਰਦਾ ਹੈ।

ਹੇ ਨਾਨਕ ! ਉਸੇ ਜੋਗੀ ਦੇ ਅੰਦਰ ਜਤ ਹੈ ਸਤ ਹੈ ਸੰਜਮ ਹੈ ਉਸੇ ਦਾ ਹਿਰਦਾ ਪਵਿਤ੍ਰ ਹੈ ਜਿਸ ਦੇ ਅੰਦਰ ਸਦਾ-ਥਿਰ ਪ੍ਰਭੂ ਵੱਸਦਾ ਹੈ, ਉਹ ਜੋਗੀ ਤਿੰਨਾਂ ਭਵਨਾਂ ਦਾ ਮਿੱਤਰ ਹੈ (ਉਸ ਜੋਗੀ ਨੂੰ ਸਾਰਾ ਜਗਤ ਪਿਆਰ ਕਰਦਾ ਹੈ)। ੮। ੨।

ਰਾਮਕਲੀ ਮਹਲਾ ੧ ॥ ਖਟੁ ਮਟੁ ਦੇਹੀ ਮਨੁ ਬੈਰਾਗੀ ॥ ਸੁਰਤਿ ਸਬਦੁ ਧੁਨਿ ਅੰਤਰਿ ਜਾਗੀ ॥ ਵਾਜੈ ਅਨਹਦੁ ਮੇਰਾ ਮਨੁ ਲੀਣਾ ॥ ਗੁਰ ਬਚਨੀ ਸਚਿ ਨਾਮਿ ਪਤੀਣਾ ॥੧॥ ਪ੍ਰਾਣੀ ਰਾਮ ਭਗਤਿ ਸੁਖੁ ਪਾਈਐ ॥ ਗੁਰਮੁਖਿ ਹਰਿ ਹਰਿ ਮੀਠਾ ਲਾਗੈ ਹਰਿ ਹਰਿ ਨਾਮਿ ਸਮਾਈਐ ॥ ੧ ॥ ਰਹਾਉ ॥ ਮਾਇਆ ਮੋਹੁ ਬਿਵਰਜਿ ਸਮਾਏ ॥ ਸਤਿਗੁਰੁ ਭੇਟੈ ਮੇਲਿ ਮਿਲਾਏ ॥ ਨਾਮੁ ਰਤਨੁ ਨਿਰਮੋਲਕੁ ਹੀਰਾ ॥ ਤਿਤੁ ਰਾਤਾ ਮੇਰਾ ਮਨੁ ਧੀਰਾ ॥੨॥ ਹਉਮੈ ਮਮਤਾ ਰੋਗੁ ਨ ਲਾਗੈ ॥ ਰਾਮ ਭਗਤਿ ਜਮ ਕਾ ਭਉ ਭਾਗੈ ॥ ਜਮੁ ਜੰਦਾਰੁ ਨ ਲਾਗੈ ਮੋਹਿ ॥ ਨਿਰਮਲ ਨਾਮੁ ਰਿਦੈ ਹਰਿ ਸੋਹਿ ॥ ੩ ॥ ਸਬਦੁ ਬੀਚਾਰਿ ਭਏ ਨਿਰੰਕਾਰੀ ॥ ਗੁਰਮਤਿ ਜਾਗੇ ਦੁਰਮਤਿ ਪਰਹਾਰੀ ॥ ਅਨਦਿਨੁ ਜਾਗਿ ਰਹੇ ਲਿਵ ਲਾਈ ॥ ਜੀਵਨ ਮੁਕਤਿ ਗਤਿ ਅੰਤਰਿ ਪਾਈ ॥ ੪ ॥ ਅਲਿਪਤ ਗੁਫਾ ਮਹਿ ਰਹਹਿ ਨਿਰਾਰੇ ॥ ਤਸਕਰ ਪੰਚ ਸਬਦਿ ਸੰਘਾਰੇ ॥ ਪਰ ਘਰ ਜਾਇ ਨ ਮਨੁ ਡੋਲਾਏ ॥ ਸਹਜ ਨਿਰੰਤਰਿ ਰਹਉ ਸਮਾਏ ॥ ੫ ॥ ਗੁਰਮੁਖਿ ਜਾਗਿ ਰਹੇ ਅਉਧੂਤਾ ॥ ਸਦ ਬੈਰਾਗੀ ਤਤੁ ਪਰੋਤਾ ॥ ਜਗੁ ਸੂਤਾ ਮਰਿ ਆਵੈ ਜਾਇ ॥ ਬਿਨੁ ਗੁਰ ਸਬਦ ਨ ਸੋਝੀ ਪਾਇ ॥ ੬ ॥ ਅਨਹਦ ਸਬਦੁ ਵਜੈ ਦਿਨੁ ਰਾਤੀ ॥ ਅਵਿਗਤ ਕੀ ਗਤਿ ਗੁਰਮੁਖਿ ਜਾਤੀ ॥ ਤਉ ਜਾਨੀ ਜਾ ਸਬਦਿ ਪਛਾਨੀ ॥ ਏਕੋ ਰਵਿ ਰਹਿਆ

ਨਿਰਬਾਨੀ ॥ ੭॥ ਸੁੰਨਸਮਾਧਿ ਸਹਜਿ ਮਨੁ ਰਾਤਾ ॥ ਤਜਿ ਹਉ ਲੋਭਾ ਏਕੋ ਜਾਤਾ ॥ ਗੁਰ ਚੇਲੇ ਅਪਨਾ ਮਨੁ ਮਾਨਿਆ ॥ ਨਾਨਕ ਦੂਜਾ ਮੇਟਿ ਸਮਾਨਿਆ ॥ ੮ ॥ ੩ ॥ [ਪੰਨਾ ੯੦੩]

ਪਦ ਅਰਥ :–ਖਟੁ–ਛੇ (ਚੱਕਰ) [ਨੋਟ ! ਯੋਗ ਮਤ ਅਨੁਸਾਰ, ਸਰੀਰ ਦੇ ਛੇ ਚੱਕਰ ਹਨ ਜਿਨ੍ਹਾਂ ਵਿਚ ਸੁਆਸ ਲੰਘ ਕੇ ਦਸਮ ਦੁਆਰ ਵਿਚ ਪਹੁੰਚਦਾ ਹੈ:- ੧. ਮੂਲਾਧਾਰ (ਗੁਦਾ ਮੰਡਲ ਦਾ ਚੱਕਰ); ੨. ਸ੍ਵਾਧਿਸ਼ਠਾਨ (ਲਿੰਗ ਦੀ ਜੜ੍ਹ ਵਿਚ); ੩. ਮਣਿਪੁਰ ਚੱਕਰ (ਧੁੰਨੀ ਦੇ ਕੋਲ); ੪. ਅਨਾਹਤ ਚੱਕਰ (ਦਿਲ ਵਿਚ); ੫. ਵਿਸ਼ੁੱਧ ਚੱਕਰ (ਗਲ ਵਿਚ); ੬. ਆਗਿਆ ਚੱਕਰ (ਭਰਵੱਟਿਆਂ ਦੇ ਵਿਚਕਾਰ)।

ਮਟੁ–(ਜੋਗੀਆਂ ਦਾ) ਮਠ। ਦੇਹੀ–ਸਰੀਰ। ਧੁਨਿ–ਲਗਨ। ਬਜੈ–ਵੱਜਦਾ ਹੈ। ਅਨਹਦੁ–ਬਿਨਾ ਵਜਾਇਆਂ, ਇਕ-ਰਸ। ਸਚਿ–ਸਦਾ-ਥਿਰ ਹਰੀ ਵਿਚ। ੧।

ਗੁਰਮੁਖਿ–ਗੁਰੂ ਦੀ ਸਰਨ ਪਿਆਂ। ਨਾਮਿ–ਨਾਮ ਵਿਚ। ੧। ਰਹਾਉ।

ਬਿਵਰਜਿ–ਰੋਕ ਕੇ। ਭੇਟੈ–ਮਿਲਦਾ ਹੈ। ਮੇਲਿ–ਸੰਗਤਿ ਵਿਚ। ਨਿਰਮੋਲਕੁ–ਜਿਸ ਦਾ ਮੁੱਲ ਨ ਪਾਇਆ ਜਾ ਸਕੇ। ਤਿਤੁ–ਉਸ (ਨਾਮ) ਵਿਚ। ਰਾਤਾ–ਰੰਗਿਆ ਹੋਇਆ। ਧੀਰਾ–ਟਿਕ ਗਿਆ। ੨।

ਜਮ–ਮੌਤ। ਜੰਦਾਰੁ–ਅਵੈੜਾ, ਭਿਆਨਕ। ਮੋਹਿ–ਮੈਨੂੰ। ਸੋਹਿ–ਸੋਹੈ, ਸੋਭਦਾ ਹੈ। ੩।

ਬੀਚਾਰਿ–ਵਿਚਾਰ ਕੇ, ਸੋਚ-ਮੰਡਲ ਵਿਚ ਲਿਆ ਕੇ। ਨਿਰੰਕਾਰੀ–ਨਿਰੰਕਾਰ ਵਾਲੇ। ਪਰਹਾਰੀ–ਦੂਰ ਕਰ ਦਿੱਤੀ। ਅਨਦਿਨੁ–ਹਰ ਰੋਜ਼। ਜਾਗਿ–ਸੁਚੇਤ ਰਹਿ ਕੇ। ਗਤਿ–ਉੱਚੀ ਆਤਮਕ ਅਵਸਥਾ। ੪।

ਅਲਿਪਤ–ਨਿਰਲੇਪ। ਨਿਰਾਰੇ–ਨਿਰਾਲੇ, ਨਿਰਮੋਹ। ਤਸਕਰ–ਚੋਰ। ਪੰਚ–(ਕਾਮਾਦਿਕ) ਪੰਜ। ਸੰਘਾਰੇ–ਮਾਰ ਦਿੱਤੇ। ਰਹਉ–ਮੈਂ ਰਹਿੰਦਾ ਹਾਂ। ੫।

ਅਉਧੂਤਾ–ਤਿਆਗੀ। ਤਤੁ–ਜਗਤ ਦਾ ਮੂਲ ਪ੍ਰਭੂ। ਮਰਿ–ਆਤਮਕ ਮੌਤੇ ਮਰ ਕੇ। ੬।

ਅਨਹਦ–ਇਕ-ਰਸ। ਵਜੈ–ਵੱਜਦਾ ਹੈ, ਪ੍ਰਭਾਵ ਪਾਈ ਰੱਖਦਾ ਹੈ। ਅਵਿਗਤ–[अव्यक्त] ਅਦ੍ਰਿਸ਼ਟ ਪ੍ਰਭੂ। ਤਉ–ਤਦੋਂ। ਜਾ–ਜਦੋਂ। ਨਿਰਬਾਨੀ–ਵਾਸਨਾ-ਰਹਿਤ।੭।

ਸੁੰਨ ਸਮਾਧਿ–ਅਫੁਰ ਇਕਾਗ੍ਰਤਾ, ਉਹ ਇਕਾਗ੍ਰ ਅਵਸਥਾ ਜਿਥੇ ਮਾਇਆ ਦਾ ਕੋਈ ਫੁਰਨਾ ਨਾਹ ਫੁਰੇ, ਜਿਥੇ ਮਾਇਕ ਫੁਰਨਿਆਂ ਵਲੋਂ ਸੁੰਞ ਰਹੇ। ਸਹਜਿ–ਅਡੋਲ ਆਤਮਕ ਅਵਸਥਾ ਵਿਚ। ਤਜਿ–ਤਿਆਗ ਕੇ। ਹਉ–ਹਉਮੈ। ਦੂਜਾ–ਪ੍ਰਭੂ ਤੋਂ ਬਿਨਾ

ਹੋਰ ਸ਼ਾਕ । ਮੇਟਿ-ਮਿਟਾ ਕੇ । ੮ ।

ਅਰਥ :- ਹੇ ਪ੍ਰਾਣੀ ! ਪਰਮਾਤਮਾ ਦੀ ਭਗਤੀ ਕੀਤਿਆਂ ਹੀ ਆਤਮਕ ਆਨੰਦ ਮਿਲਦਾ ਹੈ। ਗੁਰੂ ਦੀ ਸਰਨ ਪਿਆਂ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ, ਤੇ ਪਰਮਾਤਮਾ ਦੇ ਨਾਮ ਵਿਚ ਲੀਨ ਹੋ ਜਾਈਦਾ ਹੈ। ੧ । ਰਹਾਉ।

(ਹੇ ਜੋਗੀ ! ਗੁਰੂ ਦੀ ਸਰਨ ਪੈ ਕੇ) ਮੇਰਾ ਖਟ-ਚੱਕ੍ਰੀ ਸਰੀਰ ਹੀ (ਮੇਰੇ ਵਾਸਤੇ) ਮਠ ਬਣ ਗਿਆ ਹੈ ਤੇ (ਇਸ ਮਠ ਵਿਚ ਟਿਕ ਕੇ) ਮੇਰਾ ਮਨ ਵੈਰਾਗੀ ਹੋ ਗਿਆ ਹੈ। ਗੁਰੂ ਦਾ ਸ਼ਬਦ ਮੇਰੀ ਸੁਰਤਿ ਵਿਚ ਟਿਕ ਗਿਆ ਹੈ, ਪਰਮਾਤਮਾ ਦੇ ਨਾਮ ਦੀ ਲਗਨ ਮੇਰੇ ਅੰਦਰ ਜਾਗ ਪਈ ਹੈ। (ਮੇਰੇ ਅੰਦਰ) ਗੁਰੂ ਦਾ ਸ਼ਬਦ ਇਕ-ਰਸ ਪ੍ਰਬਲ ਪ੍ਰਭਾਵ ਪਾ ਰਿਹਾ ਹੈ, ਤੇ ਉਸ ਵਿਚ ਮੇਰਾ ਮਨ ਮਸਤ ਹੋ ਰਿਹਾ ਹੈ। ਗੁਰੂ ਦੀ ਬਾਣੀ ਦੀ ਬਰਕਤਿ ਨਾਲ (ਮੇਰਾ ਮਨ) ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਗਿੱਝ ਗਿਆ ਹੈ। ੧ ।

ਜਿਸ ਮਨੁੱਖ ਨੂੰ ਗੁਰੂ ਮਿਲਦਾ ਹੈ ਗੁਰੂ ਉਸ ਨੂੰ ਸੰਗਤਿ ਵਿਚ ਮਿਲਾਂਦਾ ਹੈ ਤੇ ਉਹ ਮਾਇਆ ਦਾ ਮੋਹ ਰੋਕ ਕੇ ਪ੍ਰਭੂ-ਨਾਮ ਵਿਚ ਲੀਨ ਹੋ ਜਾਂਦਾ ਹੈ। ਪਰਮਾਤਮਾ ਦਾ ਨਾਮ (ਮਾਨੋ, ਇਕ) ਰਤਨ ਹੈ (ਇਕ ਐਸਾ) ਹੀਰਾ ਹੈ ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ। (ਗੁਰੂ ਸਰਨ ਪੈ ਕੇ) ਮੇਰਾ ਮਨ ਭੀ ਉਸ ਨਾਮ ਵਿਚ ਰੰਗਿਆ ਗਿਆ ਹੈ ਉਸ ਨਾਮ ਵਿਚ ਟਿਕ ਗਿਆ ਹੈ। ੨ ।

(ਗੁਰੂ ਦੀ ਰਾਹੀਂ) ਪਰਮਾਤਮਾ ਦੀ ਭਗਤੀ ਕੀਤਿਆਂ ਮੌਤ ਦਾ ਡਰ ਦੂਰ ਹੋ ਜਾਂਦਾ ਹੈ, ਹਉਮੈ-ਰੋਗ ਮਾਇਆ ਦੀ ਮਮਤਾ ਦਾ ਰੋਗ (ਮਨ ਨੂੰ) ਨਹੀਂ ਚੰਬੜਦਾ।(ਗੁਰੂ ਦੀ ਕਿਰਪਾ ਨਾਲ) ਭਿਆਨਕ ਜਮ ਭੀ ਮੈਨੂੰ ਨਹੀਂ ਪੋਂਹਦਾ (ਕਿਉਂਕਿ) ਪਰਮਾਤਮਾ ਦਾ ਪਵਿਤ੍ਰ ਨਾਮ ਮੇਰੇ ਹਿਰਦੇ ਵਿਚ ਸੋਭ ਰਿਹਾ ਹੈ। ੩ ।

ਗੁਰੂ ਦੇ ਸ਼ਬਦ ਨੂੰ ਸੋਚ-ਮੰਡਲ ਵਿਚ ਟਿਕਾ ਕੇ ਪਰਮਾਤਮਾ ਦੇ ਹੀ (ਸੇਵਕ) ਹੋ ਜਾਈਦਾ ਹੈ, ਮਨ ਵਿਚ ਗੁਰੂ ਦੀ ਸਿੱਖਿਆ ਪ੍ਰਬਲ ਹੋ ਜਾਂਦੀ ਹੈ ਤੇ ਭੈੜੀ ਮਤਿ ਦੂਰ ਹੋ ਜਾਂਦੀ ਹੈ । ਜੇਹੜੇ ਮਨੁੱਖ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜ ਕੇ ਹਰ ਵੇਲੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦੇ ਹਨ, ਉਹ ਆਪਣੇ ਅੰਦਰ ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦੇ ਹਨ ਜੋ ਮਾਇਆ ਵਿਚ ਵਰਤਦਿਆਂ ਹੀ ਮਾਇਆ ਦੇ ਬੰਧਨਾਂ ਤੋਂ ਆਜ਼ਾਦ ਕਰ ਦੇਂਦੀ ਹੈ। ੪ ।

(ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ) ਸਰੀਰ-ਗੁਫਾ ਦੇ ਅੰਦਰ ਹੀ ਮਾਇਆ ਤੋਂ ਨਿਰਲੇਪ ਰਹਿੰਦੇ ਹਨ ਮਾਇਆ ਦੇ ਪ੍ਰਭਾਵ ਤੋਂ ਵੱਖਰੇ ਰਹਿੰਦੇ ਹਨ। ਗੁਰੂ ਦੇ ਸ਼ਬਦ ਦੀ ਰਾਹੀਂ ਉਹ ਕਾਮਾਦਿਕ ਪੰਜਾਂ ਚੋਰਾਂ ਨੂੰ ਮਾਰ ਲੈਂਦੇ ਹਨ। (ਗੁਰੂ ਦੀ ਸਰਨ ਪੈ ਕੇ ਸਿਮਰਨ ਕਰਨ ਵਾਲਾ ਬੰਦਾ) ਆਪਣੇ ਮਨ ਨੂੰ ਪਰਾਏ

ਘਰ ਵਲ ਜਾ ਕੇ ਡੋਲਣ ਨਹੀਂ ਦੇਂਦਾ।

(ਗੁਰੂ ਦੀ ਕਿਰਪਾ ਨਾਲ ਹੀ ਸਿਮਰਨ ਕਰ ਕੇ) ਮੈਂ ਅਡੋਲ ਆਤਮਕ ਅਵਸਥਾ ਵਿਚ ਇਕ-ਰਸ ਲੀਨ ਰਹਿੰਦਾ ਹਾਂ। ੫।

ਅਸਲ ਤਿਆਗੀ ਉਹੀ ਹੈ ਜੋ ਗੁਰੂ ਦੀ ਸਰਨ ਪੈ ਕੇ (ਸਿਮਰਨ ਦੀ ਰਾਹੀਂ ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ। ਜੇਹੜਾ ਮਨੁੱਖ ਜਗਤ ਦੇ ਮੂਲ ਪਰ-ਮਾਤਮਾ ਨੂੰ ਆਪਣੇ ਹਿਰਦੇ ਵਿਚ ਪ੍ਰੋਈ ਰੱਖਦਾ ਹੈ ਉਹ ਸਦਾ (ਮਾਇਆ ਤੋਂ) ਵੈਰਾਗਵਾਨ ਰਹਿੰਦਾ ਹੈ।

ਜਗਤ ਮਾਇਆ ਦੇ ਮੋਹ ਦੀ ਨੀਂਦ ਵਿਚ (ਪਰਮਾਤਮਾ ਦੀ ਯਾਦ ਵਲੋਂ) ਸੁੱਤਾ ਰਹਿੰਦਾ ਹੈ, ਤੇ, ਆਤਮਕ ਮੌਤ ਸਹੇੜ ਕੇ ਜਨਮ ਮਰਨ ਦੇ ਗੇੜ ਵਿਚ ਪੈ ਜਾਂਦਾ ਹੈ। (ਮਾਇਆ ਦੀ ਨੀਂਦ ਵਿਚ ਸੁੱਤੇ ਪਏ ਨੂੰ) ਗੁਰੂ ਦੇ ਸ਼ਬਦ ਤੋਂ ਬਿਨਾ ਇਹ ਸਮਝ ਹੀ ਨਹੀਂ ਪੈਂਦੀ। ੬।

ਜੋ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ (ਉਸ ਦੇ ਅੰਦਰ) ਗੁਰੂ ਦਾ ਸ਼ਬਦ ਦਿਨ ਰਾਤ ਇਕ-ਰਸ ਪ੍ਰਬਲ ਪ੍ਰਭਾਵ ਪਾਈ ਰੱਖਦਾ ਹੈ, ਉਸ ਨੂੰ ਇਹ ਪਛਾਣ ਆ ਜਾਂਦੀ ਹੈ ਕਿ ਅਦ੍ਰਿਸ਼ਟ ਤੇ ਵਾਸਨਾ-ਰਹਿਤ ਪ੍ਰਭੂ ਇਹੋ ਜਿਹਾ ਹੈ ਕਿ ਉਹ ਆਪ ਹੀ ਹਰ ਥਾਂ ਵਿਆਪਕ ਹੈ। ਪਰ ਇਹ ਸੂਝ ਮਨੁੱਖ ਨੂੰ ਤਦੋਂ ਹੀ ਆਉਂਦੀ ਹੈ ਜਦੋਂ ਉਹ ਗੁਰੂ ਦੇ ਸ਼ਬਦ ਦੀ ਰਾਹੀਂ (ਇਹ ਭੇਤ) ਪਛਾਣਦਾ ਹੈ। ੭।

(ਜੇਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦੀ ਭਗਤੀ ਕਰਦਾ ਹੈ ਉਸ ਦਾ) ਮਨ ਉਸ ਇਕਾਗ੍ਰਤਾ ਵਿਚ ਟਿਕਿਆ ਰਹਿੰਦਾ ਹੈ ਜਿਥੇ ਮਾਇਆ ਦੇ ਫੁਰਨਿਆਂ ਵਲੋਂ ਸਦਾ ਸੁੰਞ ਰਹਿੰਦੀ ਹੈ ਤੇ ਅਡੋਲ ਆਤਮਕ ਅਵਸਥਾ (ਦੇ ਰੰਗ) ਵਿਚ ਰੰਗਿਆ ਜਾਂਦਾ ਹੈ। ਹਉਮੈ ਤੇ ਲੋਭ ਨੂੰ ਤਿਆਗ ਕੇ ਉਹ ਮਨੁੱਖ ਇਕ ਪਰਮਾਤਮਾ ਨਾਲ ਹੀ ਡੂੰਘੀ ਸਾਂਝ ਪਾਈ ਰੱਖਦਾ ਹੈ।

ਹੇ ਨਾਨਕ! ਗੁਰੂ ਦੀ ਸਰਨ ਪਏ ਹੋਏ ਸਿੱਖ ਦਾ ਆਪਣਾ ਮਨ ਗੁਰੂ ਦੀ ਸਿੱਖਿਆ ਵਿਚ ਪਤੀਜ ਜਾਂਦਾ ਹੈ, ਉਹ ਪਰਮਾਤਮਾ ਤੋਂ ਬਿਨਾ ਹੋਰ ਝਾਕ ਮਿਟਾ ਕੇ ਪਰਮਾਤਮਾ ਵਿਚ ਹੀ ਲੀਨ ਰਹਿੰਦਾ ਹੈ। ੮। ੩।

ਰਾਮਕਲੀ ਮਹਲਾ ੧ ॥ ਸਾਹਾ ਗਣਹਿ ਨ ਕਰਹਿ ਬੀਚਾਰੁ ॥ ਸਾਹੇ ਊਪਰਿ ਏਕੰਕਾਰੁ ॥ ਜਿਸੁ ਗੁਰੁ ਮਿਲੈ ਸੋਈ ਬਿਧਿ ਜਾਣੈ ॥ ਗੁਰਮਤਿ ਹੋਇ ਤ ਹੁਕਮੁ ਪਛਾਣੈ ॥ ੧ ॥ ਝੂਠੁ ਨ ਬੋਲਿ ਪਾਡੇ ਸਚੁ ਕਹੀਐ ॥ ਹਉਮੈ ਜਾਇ ਸਬਦਿ ਘਰੁ ਲਹੀਐ ॥ ੧ ॥ ਰਹਾਉ ॥ ਗਣਿ ਗਣਿ ਜੋਤਕੁ ਕਾਂਡੀ ਕੀਨੀ॥ ਪੜੈ ਸੁਣਾਵੈ ਤਤੁ ਨ ਚੀਨੀ ॥ ਸਭਸੈ ਊਪਰਿ ਗੁਰ ਸਬਦੁ ਬੀਚਾਰੁ॥

ਹੋਰ ਕਥਨੀ ਬਦਉ ਨ, ਸਗਲੀ ਛਾਰੁ ॥੨॥ ਨਾਵਹਿ ਧੋਵਹਿ ਪੂਜਹਿ ਸੈਲਾ॥ ਬਿਨੁ ਹਰਿ ਰਾਤੇ ਮੈਲੋ ਮੈਲਾ ॥ ਗਰਬੁ ਨਿਵਾਰਿ ਮਿਲੈ ਪ੍ਰਭੁ ਸਾਰਥਿ ॥ ਮੁਕਤਿ ਪ੍ਰਾਨ ਜਪਿ ਹਰਿ ਕਿਰਤਾਰਥਿ ॥੩॥ ਵਾਚੈ ਵਾਦੁ ਨ ਬੇਦੁ ਬੀਚਾਰੈ ॥ ਆਪਿ ਡੁਬੈ ਕਿਉ ਪਿਤਰਾ ਤਾਰੈ ॥ ਘਟਿ ਘਟਿ ਬ੍ਰਹਮੁ ਚੀਨੈ ਜਨੁ ਕੋਇ ॥ ਸਤਿਗੁਰੁ ਮਿਲੈ ਤ ਸੋਝੀ ਹੋਇ ॥੪॥ ਗਣਤ ਗਣੀਐ ਸਹਸਾ ਦੁਖੁ ਜੀਐ॥ ਗੁਰ ਕੀ ਸਰਣਿ ਪਵੈ ਸੁਖੁ ਥੀਐ ॥ ਕਰਿ ਅਪਰਾਧ ਸਰਣਿ ਹਮ ਆਇਆ॥ ਗੁਰ ਹਰਿ ਭੇਟੇ ਪੁਰਬਿ ਕਮਾਇਆ ॥ ੫ ॥ ਗੁਰ ਸਰਣਿ ਨ ਆਈਐ ਬ੍ਰਹਮੁ ਨ ਪਾਈਐ ॥ ਭਰਮਿ ਭੁਲਾਈਐ ਜਨਮਿ ਮਰਿ ਆਈਐ ॥ ਜਮ ਦਰਿ ਬਾਧਉ ਮਰੈ ਬਿਕਾਰੁ ॥ ਨਾ ਰਿਦੈ ਨਾਮੁ ਨ ਸਬਦੁ ਅਚਾਰੁ ॥ ੬ ॥ ਇਕਿ ਪਾਧੇ ਪੰਡਿਤ ਮਿਸਰ ਕਹਾਵਹਿ ॥ ਦੁਬਿਧਾ ਰਾਤੇ ਮਹਲੁ ਨ ਪਾਵਹਿ॥ ਜਿਸੁ ਗੁਰ ਪਰਸਾਦੀ ਨਾਮੁ ਅਧਾਰੁ ॥ ਕੋਟਿ ਮਧੇ ਕੋ ਜਨੁ ਆਪਾਰੁ ॥੭॥ ਏਕੁ ਬੁਰਾ ਭਲਾ ਸਚੁ ਏਕੈ ॥ ਬੂਝੁ ਗਿਆਨੀ ਸਤਿਗੁਰ ਕੀ ਟੇਕੈ ॥ ਗੁਰ-ਮੁਖਿ ਵਿਰਲੀ ਏਕੋ ਜਾਣਿਆ ॥ ਆਵਣੁ ਜਾਣਾ ਮੇਟਿ ਸਮਾਣਿਆ ॥ ੮॥ ਜਿਨ ਕੈ ਹਿਰਦੈ ਏਕੰਕਾਰੁ ॥ ਸਰਬ ਗੁਣੀ ਸਾਚਾ ਬੀਚਾਰੁ ॥ ਗੁਰ ਕੈ ਭਾਣੈ ਕਰਮ ਕਮਾਵੈ ॥ ਨਾਨਕ ਸਾਚੇ ਸਾਚਿ ਸਮਾਵੈ ॥ ੯ ॥ ੪ ॥

[ਪੰਨਾ ੯੦੪]

ਪਦ ਅਰਥ :—ਸਾਹਾ—[ਸੁ-ਅਹ੍ਰ] ਸ਼ੁਭ ਦਿਨ, ਚੰਗਾ ਮੁਹੂਰਤ । ਗਣਹਿ—ਗਿਣਦਾ ਹੈਂ (ਹੇ ਪਾਂਡੇ !) । ਏਕੰਕਾਰੁ—ਪਰਮਾਤਮਾ । ਸੋਈ—ਉਹੀ ਮਨੁੱਖ । ਬਿਧਿ—ਤਰੀਕਾ, ਢੰਗ । ਤ—ਤਾਂ । ੧ ।

ਪਾਡੇ—ਹੇ ਪੰਡਿਤ ! ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ । ਘਰੁ—ਆਤਮਕ ਆਨੰਦ ਦਾ ਟਿਕਾਣਾ । ੧ । ਰਹਾਉ ।

ਗਣਿ—ਗਿਣ ਕੇ । ਜੋਤਕੁ—ਜੋਤਸ਼ । ਕਾਂਡੀ—ਜਨਮ-ਪੱਤ੍ਰੀ । ਸਭਸੈਂ ਊਪਰਿ—ਸਾਰੀਆਂ ਵਿਚਾਰਾਂ ਤੋਂ ਸ੍ਰੇਸ਼ਟ । ਬਦਉ ਨ—ਮੈਂ ਨਹੀਂ ਮੰਨਦਾ । ਛਾਰੁ—ਸੁਆਹ ।੨।

ਸੈਲਾ—ਪੱਥਰ, ਪੱਥਰ ਦੀਆਂ ਮੂਰਤੀਆਂ । ਗਰਬੁ—ਅਹੰਕਾਰ । ਸਾਰਥਿ—[ਸਰਥਿ] ਰਥਵਾਹੀ, ਜੀਵਨ-ਰਥ ਨੂੰ ਚਲਾਣ ਵਾਲਾ । ਕਿਰਤਾਰਥਿ—ਸਫਲ ਕਰਨ ਵਾਲਾ । ੩ ।

ਵਾਦੁ—ਝਗੜਾ, ਚਰਚਾ, ਬਹਿਸ । ਕੋਇ—ਕੋਈ ਵਿਰਲਾ । ੪ ।

ਸਹਸਾ—ਸਹਿਮ । ਜੀਐ—ਜਿੰਦ ਨੂੰ । ਭੇਟੇ—ਮਿਲੇ । ਪੁਰਬਿ—ਪੂਰਬਲੇ ਸਮੇ ਵਿਚ । ੫ ।

ਮਰਿ—ਆਤਮਕ ਮੌਤ ਮਰ ਕੇ । ਦਰਿ—ਦਰ ਤੇ । ਬਾਧਉ—ਬੱਝਾ ਹੋਇਆ । ਮਰੈ—

ਆਤਮਕ ਮੌਤ ਮਰਦਾ ਹੈ। ਬਿਕਾਰੁ—ਵਿਅਰਥ। ਆਚਰੁ—ਅਚਾਰਨ। ੬।

ਇਕਿ—[ਲਫ਼ਜ਼ 'ਇਕ' ਤੋਂ ਬਹੁ ਵਚਨ] ਕਈ। ਮਿਸਰ—ਬ੍ਰਾਹਮਣ। ਅਧਾਰੁ—ਆਸਰਾ। ਕੋ ਜਨੁ—ਕੋਈ ਵਿਰਲਾ ਮਨੁੱਖ। ਆਪਾਰੁ—ਅਦੁਤੀ। ੭।

ਸਚੁ-ਸਦਾ—ਥਿਰ ਪ੍ਰਭੂ। ਟੇਕੈ—ਟੇਕ ਰੱਖ ਕੇ, ਆਸਰਾ ਲੈ ਕੇ। ਗਿਆਨੀ—ਹੇ ਗਿਆਨੀ! ਵਿਰਲੀ—ਵਿਰਲਿਆਂ ਨੇ। ਮੇਟਿ—ਮਿਟਾ ਕੇ। ੮।

ਸਰਬ ਗੁਣੀ—ਸਾਰੇ ਗੁਣਾਂ ਦੇ ਮਾਲਕ। ਸਾਚਾ—ਸਦਾ-ਥਿਰ ਪ੍ਰਭੂ। ਬੀਚਾਰੁ—ਸੋਚ-ਮੰਡਲ ਦਾ ਧੁਰਾ, ਸੁਰਤਿ ਦਾ ਨਿਸ਼ਾਨਾ। ਸਾਚਿ—ਸਦਾ-ਥਿਰ ਪ੍ਰਭੂ ਵਿਚ। ੯।

ਅਰਥ :—ਹੇ ਪੰਡਿਤ! (ਆਪਣੀ ਆਜੀਵਕਾ ਦੀ ਖ਼ਾਤਰ ਜਜਮਾਨਾਂ ਨੂੰ ਪਤਿਆਉਣ ਵਾਸਤੇ ਵਿਆਹ ਆਦਿਕ ਸਮਿਆਂ ਦੇ ਸ਼ੁਭ ਮੁਹੂਰਤ ਲੱਭਣ ਦਾ) ਝੂਠ ਨਾਹ ਬੋਲ। ਸੱਚ ਬੋਲਣਾ ਚਾਹੀਦਾ ਹੈ। ਜਦੋਂ ਗੁਰੂ ਦੇ ਸ਼ਬਦ ਵਿਚ ਜੁੜ ਕੇ (ਅੰਦਰ ਦੀ) ਹਉਮੈ ਦੂਰ ਹੋ ਜਾਂਦੀ ਹੈ ਤਦੋਂ ਉਹ ਘਰ ਲੱਭ ਪੈਂਦਾ ਹੈ (ਜਿਥੋਂ ਆਤਮਕ ਤੇ ਸੰਸਾਰਕ ਸਾਰੇ ਪਦਾਰਥ ਮਿਲਦੇ ਹਨ)। ੧। ਰਹਾਉ।

ਹੇ ਪੰਡਿਤ! ਤੂੰ (ਵਿਆਹ ਆਦਿਕ ਸਮਿਆਂ ਤੇ ਜਜਮਾਨਾਂ ਵਾਸਤੇ) ਸਭ ਲਗਨ ਮੁਹੂਰਤ ਗਿਣਦਾ ਹੈਂ, ਪਰ ਤੂੰ ਇਹ ਵਿਚਾਰ ਨਹੀਂ ਕਰਦਾ ਕਿ ਸ਼ੁਭ ਸਮਾਂ ਬਣਾਣ ਨਾਹ ਬਣਾਣ ਵਾਲਾ ਪਰਮਾਤਮਾ (ਆਪ) ਹੈ। ਜਿਸ ਮਨੁੱਖ ਨੂੰ ਗੁਰੂ ਮਿਲ ਪਏ ਉਹੀ ਜਾਣਦਾ ਹੈ (ਕਿ ਵਿਆਹ ਆਦਿਕ ਦਾ ਸਮਾ ਕਿਸ) ਢੰਗ (ਨਾਲ ਸ਼ੁਭ ਬਣ ਸਕਦਾ ਹੈ)। ਜਦੋਂ ਮਨੁੱਖ ਨੂੰ ਗੁਰੂ ਦੀ ਸਿੱਖਿਆ ਪ੍ਰਾਪਤ ਹੋ ਜਾਏ ਤਦੋਂ ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ (ਤੇ ਰਜ਼ਾ ਨੂੰ ਸਮਝਣਾ ਹੀ ਸ਼ੁਭ ਮੁਹੂਰਤ ਦਾ ਮੂਲ ਹੈ)। ੧।

(ਪੰਡਿਤ) ਜੋਤਸ਼ (ਦੇ ਲੇਖੇ) ਗਿਣ ਗਿਣ ਕੇ (ਕਿਸੇ ਜਜਮਾਨ ਦੇ ਪੁੱਤਰ ਦੀ) ਜਨਮ-ਪੱਤ੍ਰੀ ਬਣਾਂਦਾ ਹੈ, (ਜੋਤਸ਼ ਦਾ ਹਿਸਾਬ ਆਪ) ਪੜ੍ਹਦਾ ਹੈ ਤੇ (ਜਜਮਾਨ ਨੂੰ) ਸੁਣਾਂਦਾ ਹੈ ਪਰ ਅਸਲੀਅਤ ਨੂੰ ਨਹੀਂ ਪਛਾਣਦਾ। (ਸ਼ੁਭ ਮੁਹੂਰਤ ਆਦਿਕ ਦੀਆਂ) ਸਾਰੀਆਂ ਵਿਚਾਰਾਂ ਤੋਂ ਸ੍ਰੇਸ਼ਟ ਵਿਚਾਰ ਇਹ ਹੈ ਕਿ ਮਨੁੱਖ ਗੁਰੂ ਦੇ ਸ਼ਬਦ ਨੂੰ ਮਨ ਵਿਚ ਵਸਾਏ। ਮੈਂ (ਗੁਰ-ਸ਼ਬਦ ਦੇ ਟਾਕਰੇ ਤੇ ਸ਼ੁਭ ਮੁਹੂਰਤ ਤੇ ਜਨਮ-ਪੱਤ੍ਰੀ ਆਦਿਕ ਦੀ ਕਿਸੇ) ਹੋਰ ਗੱਲ ਦੀ ਪਰਵਾਹ ਨਹੀਂ ਕਰਦਾ, ਹੋਰ ਸਾਰੀਆਂ ਵਿਚਾਰਾਂ ਵਿਅਰਥ ਹਨ। ੨।

(ਹੇ ਪੰਡਿਤ!) ਤੂੰ (ਤੀਰਥ ਆਦਿਕ ਤੇ) ਇਸ਼ਨਾਨ ਕਰਦਾ ਹੈਂ, (ਸਰੀਰ ਮਲ ਮਲ ਕੇ) ਧੋਂਦਾ ਹੈਂ, ਤੇ ਪੱਥਰ (ਦੇ ਦੇਵੀ ਦੇਵਤੇ) ਪੂਜਦਾ ਹੈਂ, ਪਰ ਪਰਮਾਤਮਾ ਦੇ ਨਾਮ-ਰੰਗ ਵਿਚ ਰੰਗੇ ਜਾਣ ਤੋਂ ਬਿਨਾ (ਮਨ ਵਿਕਾਰਾਂ ਨਾਲ) ਸਦਾ ਮੈਲਾ ਰਹਿੰਦਾ ਹੈ। (ਹੇ ਪੰਡਿਤ!) ਜਿੰਦ ਨੂੰ ਵਿਕਾਰਾਂ ਤੋਂ ਖਲਾਸੀ ਦਿਵਾਣ ਵਾਲੇ ਤੇ ਜੀਵਨ ਸਫਲਾ ਕਰਨ

ਵਾਲੇ ਪਰਮਾਤਮਾ ਦਾ ਨਾਮ ਜਪ, (ਨਾਮ ਜਪ ਕੇ) ਅਹੰਕਾਰ ਦੂਰ ਕੀਤਿਆਂ (ਜੀਵਨ-ਰਬ ਦਾ) ਰਬਵਾਹੀ ਪ੍ਰਭੂ ਮਿਲ ਪੈਂਦਾ ਹੈ। ੩।

(ਪੰਡਿਤ) ਵੇਦ (ਆਦਿਕ ਧਰਮ-ਪੁਸਤਕਾਂ) ਨੂੰ (ਜੀਵਨ ਦੀ ਅਗਵਾਈ ਵਾਸਤੇ) ਨਹੀਂ ਵਿਚਾਰਦਾ, (ਅਰਥ ਤੇ ਕਰਮ ਕਾਂਡ ਆਦਿਕ ਦੀ) ਬਹਿਸ ਨੂੰ ਹੀ ਪੜ੍ਹਦਾ ਹੈ (ਇਸ ਤਰ੍ਹਾਂ ਸੰਸਾਰ ਸਮੁੰਦਰ ਦੀਆਂ ਵਿਕਾਰ-ਲਹਿਰਾਂ ਵਿਚ ਡੁੱਬਾ ਰਹਿੰਦਾ ਹੈ), ਜੇਹੜਾ ਮਨੁੱਖ ਆਪ ਡੁੱਬਿਆ ਰਹੇ ਉਹ ਆਪਣੇ (ਬੀਤ ਚੁਕੇ) ਬਜ਼ੁਰਗਾਂ ਨੂੰ (ਸੰਸਾਰ ਸਮੁੰਦਰ ਵਿਚੋਂ) ਕਿਵੇਂ ਪਾਰ ਲੰਘਾ ਸਕਦਾ ਹੈ? ਕੋਈ ਵਿਰਲਾ ਮਨੁੱਖ ਪਛਾਣਦਾ ਹੈ ਕਿ ਪਰਮਾਤਮਾ ਹਰੇਕ ਸਰੀਰ ਵਿਚ ਮੌਜੂਦ ਹੈ। ਜਿਸ ਮਨੁੱਖ ਨੂੰ ਗੁਰੂ ਮਿਲ ਪਏ, ਉਸ ਨੂੰ ਇਹ ਸਮਝ ਆਉਂਦੀ ਹੈ। ੪।

ਜਿਉਂ ਜਿਉਂ ਸ਼ੁਭ ਅਸ਼ੁਭ ਮੁਹੂਰਤਾਂ ਦੇ ਲੇਖੇ ਗਿਣਦੇ ਰਹੀਏ ਤਿਉਂ ਤਿਉਂ ਜਿੰਦ ਨੂੰ ਸਦਾ ਸਹਿਮ ਦਾ ਰੋਗ ਲੱਗਾ ਰਹਿੰਦਾ ਹੈ। ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ ਇਸ ਨੂੰ ਆਤਮਕ ਆਨੰਦ ਮਿਲਦਾ ਹੈ। ਪਾਪ ਅਪਰਾਧ ਕਰ ਕੇ ਭੀ ਜਦੋਂ ਅਸੀ ਪਰਮਾਤਮਾ ਦੀ ਸਰਨ ਆਉਂਦੇ ਹਾਂ, ਤਾਂ ਪਰਮਾਤਮਾ ਸਾਡੇ ਪੂਰਬਲੇ ਕਰਮਾਂ ਅਨੁਸਾਰ ਗੁਰੂ ਨੂੰ ਮਿਲਾ ਦੇਂਦਾ ਹੈ (ਤੇ ਗੁਰੂ ਸਹੀ ਜੀਵਨ-ਰਾਹ ਵਿਖਾਂਦਾ ਹੈ)। ੫।

ਜਦੋਂ ਤਕ ਗੁਰੂ ਦੀ ਸਰਨ ਨਾਹ ਆਵੀਏ ਤਦ ਤਕ ਪਰਮਾਤਮਾ ਨਹੀਂ ਮਿਲਦਾ, ਭਟਕਣਾ ਵਿਚ ਕੁਰਾਹੇ ਪੈ ਕੇ ਆਤਮਕ ਮੌਤ ਸਹੇੜ ਕੇ ਮੁੜ ਮੁੜ ਜਨਮ ਵਿਚ ਆਉਂਦੇ ਰਹੀਦਾ ਹੈ।

(ਗੁਰੂ ਦੀ ਸਰਨ ਤੋਂ ਬਿਨਾ ਜੀਵ) ਜਮ ਦੇ ਦਰ ਤੇ ਬੱਧਾ ਹੋਇਆ ਵਿਅਰਥ ਹੀ ਆਤਮਕ ਮੌਤੇ ਮਰਦਾ ਹੈ, ਉਸ ਦੇ ਹਿਰਦੇ ਵਿਚ ਨਾਂਹ ਪ੍ਰਭੂ ਦਾ ਨਾਮ ਵੱਸਦਾ ਹੈ ਨਾਹ ਗੁਰੂ ਦਾ ਸ਼ਬਦ ਵੱਸਦਾ ਹੈ, ਨਾਹ ਹੀ ਉਸ ਦਾ ਚੰਗਾ ਆਚਰਨ ਬਣਦਾ ਹੈ। ੬।

ਅਨੇਕਾਂ (ਕੁਲੀਨ ਤੇ ਵਿਦਵਾਨ ਬ੍ਰਾਹਮਣ) ਆਪਣੇ ਆਪ ਨੂੰ ਪਾਂਧੇ ਪੰਡਿਤ ਮਿਸਰ ਅਖਵਾਂਦੇ ਹਨ, ਪਰ ਪਰਮਾਤਮਾ ਤੋਂ ਬਿਨਾ ਹੋਰ ਹੋਰ ਆਸਰੇ ਦੀ ਝਾਕ ਵਿਚ ਗ਼ਲਤਾਨ ਰਹਿੰਦੇ ਹਨ, ਪਰਮਾਤਮਾ ਦਾ ਦਰ-ਘਰ ਨਹੀਂ ਲੱਭ ਸਕਦੇ। ਕ੍ਰੋੜਾਂ ਵਿਚੋਂ ਕੋਈ ਉਹ ਬੰਦਾ ਅਦੁਤੀ ਹੈ ਜਿਸ ਨੂੰ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦਾ ਨਾਮ ਜ਼ਿੰਦਗੀ ਦਾ ਆਸਰਾ ਮਿਲ ਗਿਆ ਹੈ। ੭।

ਹੇ ਪੰਡਿਤ ! ਜੇ ਤੂੰ ਗਿਆਨਵਾਨ ਬਣਨਾ ਹੈ ਤਾਂ ਗੁਰੂ ਦਾ ਆਸਰਾ-ਪਰਨਾ ਲੈ ਕੇ ਇਹ ਗੱਲ ਸਮਝ ਲੈ ਕਿ (ਜਗਤ ਵਿਚ) ਚਾਹੇ ਕੋਈ ਭਲਾ ਹੈ ਚਾਹੇ ਬੁਰਾ ਹੈ ਹਰੇਕ ਵਿਚ ਸਦਾ-ਥਿਰ ਪ੍ਰਭੂ ਹੀ ਮੌਜੂਦ ਹੈ! ਉਹਨਾਂ ਵਿਰਲੇ ਬੰਦਿਆਂ ਨੇ ਹਰ ਥਾਂ ਇਕ ਪਰਮਾਤਮਾ ਨੂੰ ਹੀ ਵਿਆਪਕ ਸਮਝਿਆ ਹੈ ਜੇਹੜੇ ਗੁਰੂ ਦੀ ਸਰਨ ਪਏ ਹਨ। (ਗੁਰ-

ਸਰਨ ਦੀ ਬਰਕਤਿ ਨਾਲ) ਉਹ ਆਪਣਾ ਜਨਮ ਮਰਨ ਮਿਟਾ ਕੇ ਪ੍ਰਭੂ-ਚਰਨਾਂ ਵਿਚ ਲੀਨ ਰਹਿੰਦੇ ਹਨ। ੮।

(ਗੁਰੂ ਦੀ ਕਿਰਪਾ ਨਾਲ) ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਇਕ ਪਰਮਾਤਮਾ ਵੱਸਦਾ ਹੈ, ਸਾਰੇ ਗੁਣਾਂ ਦਾ ਮਾਲਕ ਸਦਾ-ਥਿਰ ਪ੍ਰਭੂ ਉਹਨਾਂ ਦੀ ਸੁਰਤਿ ਦਾ ਸਦਾ ਨਿਸ਼ਾਨਾ ਬਣਿਆ ਰਹਿੰਦਾ ਹੈ। ਹੇ ਨਾਨਕ! ਜੇਹੜਾ ਮਨੁੱਖ ਗੁਰੂ ਦੀ ਰਜ਼ਾ ਵਿਚ ਤੁਰ ਕੇ (ਆਪਣੇ) ਸਾਰੇ ਕੰਮ ਕਰਦਾ ਹੈ (ਤੇ ਸ਼ੁਭ ਅਸ਼ੁਭ ਮੁਹੂਰਤਾਂ ਦੇ ਭਰਮ ਵਿਚ ਨਹੀਂ ਪੈਂਦਾ) ਉਹ ਸਦਾ-ਥਿਰ ਪਰਮਾਤਮਾ ਵਿਚ ਲੀਨ ਰਹਿੰਦਾ ਹੈ (ਤੇ ਉਸ ਨੂੰ ਆਤਮਕ ਤੇ ਸੰਸਾਰਕ ਪਦਾਰਥ ਉਸ ਦਰ ਤੋਂ ਮਿਲਦੇ ਰਹਿੰਦੇ ਹਨ)। ੯। ੪।

ਰਾਮਕਲੀ ਮਹਲਾ ੧ ॥ ਹਠੁ ਨਿਗ੍ਰਹੁ ਕਰਿ ਕਾਇਆ ਛੀਜੈ ॥ ਵਰਤੁ ਤਪਨੁ ਕਰਿ ਮਨੁ ਨਹੀ ਭੀਜੈ ॥ ਰਾਮ ਨਾਮ ਸਰਿ ਅਵਰੁ ਨ ਪੂਜੈ ॥ ੧ ॥ ਗੁਰੁ ਸੇਵਿ ਮਨਾ ਹਰਿ ਜਨ ਸੰਗੁ ਕੀਜੈ ॥ ਜਮੁ ਜੰਦਾਰੁ ਜੋਹਿ ਨਹੀ ਸਾਕੈ ਸਰਪਨਿ ਡਸਿ ਨ ਸਕੈ ਹਰਿ ਕਾ ਰਸੁ ਪੀਜੈ ॥ ੧ ॥ ਰਹਾਉ ॥ ਵਾਦੁ ਪੜੈ ਰਾਗੀ ਜਗੁ ਭੀਜੈ ॥ ਤ੍ਰੈ ਗੁਣ ਬਿਖਿਆ ਜਨਮਿ ਮਰੀਜੈ ॥ ਰਾਮ ਨਾਮ ਬਿਨੁ ਦੂਖੁ ਸਹੀਜੈ ॥ ੨ ॥ ਚਾੜਸਿ ਪਵਨੁ ਸਿੰਘਾਸਨੁ ਭੀਜੈ ॥ ਨਿਉਲੀ ਕਰਮ ਖਟੁ ਕਰਮ ਕਰੀਜੈ ॥ ਰਾਮ ਨਾਮ ਬਿਨੁ ਬਿਰਥਾ ਸਾਸੁ ਲੀਜੈ ॥ ੩ ॥ ਅੰਤਰਿ ਪੰਚ ਅਗਨਿ ਕਿਉ ਧੀਰਜੁ ਧੀਜੈ ॥ ਅੰਤਰਿ ਚੋਰੁ ਕਿਉ ਸਾਦੁ ਲਹੀਜੈ ॥ ਗੁਰਮੁਖਿ ਹੋਇ ਕਾਇਆ ਗੜੁ ਲੀਜੈ ॥੪॥ ਅੰਤਰਿ ਮੈਲੁ ਤੀਰਥ ਭਰਮੀਜੈ ॥ ਮਨੁ ਨਹੀ ਸੂਚਾ ਕਿਆ ਸੋਚ ਕਰੀਜੈ ॥ ਕਿਰਤੁ ਪਇਆ ਦੋਸੁ ਕਾ ਕਉ ਦੀਜੈ ॥੫॥ ਅੰਨੁ ਨ ਖਾਹਿ ਦੇਹੀ ਦੁਖੁ ਦੀਜੈ ॥ ਬਿਨੁ ਗੁਰ ਗਿਆਨ ਤ੍ਰਿਪਤਿ ਨਹੀ ਥੀਜੈ ॥ ਮਨਮੁਖਿ ਜਨਮੈ ਜਨਮਿ ਮਰੀਜੈ ॥ ੬ ॥ ਸਤਿਗੁਰ ਪੂਛਿ ਸੰਗਤਿ ਜਨ ਕੀਜੈ ॥ ਮਨੁ ਹਰਿ ਰਾਚੈ ਨਹੀ ਜਨਮਿ ਮਰੀਜੈ ॥ ਰਾਮ ਨਾਮ ਬਿਨੁ ਕਿਆ ਕਰਮੁ ਕੀਜੈ ॥੭॥ ਊਂਦਰ ਦੂੰਦਰ ਪਾਸਿ ਧਰੀਜੈ ॥ ਧੁਰ ਕੀ ਸੇਵਾ ਰਾਮੁ ਰਵੀਜੈ ॥ ਨਾਨਕ ਨਾਮੁ ਮਿਲੈ ਕਿਰਪਾ ਪ੍ਰਭ ਕੀਜੈ ॥ ੮ ॥ ੫ ॥ [ਪੰਨਾ ੯੦੫]

ਪਦ ਅਰਥ :—ਹਠੁ—ਧੱਕਾ, ਜ਼ੋਰ। ਹਠੁ ਜੋਗੁ—ਧੱਕੇ ਨਾਲ ਸਰੀਰ ਨੂੰ ਔਖਿਆਂ ਕਰ ਕੇ ਮਨ ਨੂੰ ਇਕਾਗ੍ਰ ਕਰਨ ਦਾ ਜਤਨ(ਜਿਵੇਂ ਕਿ ਇਕ ਟੰਗ ਦੇ ਭਾਰ ਖਲੋਤੇ ਰਹਿਣਾ, ਬਾਹਾਂ ਸਿੱਧੀਆਂ ਉਤਾਂਹ ਖੜੀਆਂ ਰੱਖਣੀਆਂ)। ਨਿਗ੍ਰਹੁ—ਮਨ ਦੇ ਫੁਰਨਿਆਂ ਨੂੰ ਰੋਕਣ ਦਾ ਜਤਨ। ਛੀਜੈ—ਦੁਖੀ ਹੁੰਦਾ ਹੈ, ਔਖਾ ਹੁੰਦਾ ਹੈ। ਕਰਿ—ਕਰ ਕੇ, ਕਰਨ ਨਾਲ।

ਸਰਿ–ਬਰਾਬਰ। ਨ ਪੂਜੈ–ਨਹੀਂ ਅੱਪੜਦਾ। ੧।

ਹਰਿ ਜਨ ਸੰਗੁ–ਸੰਤ ਜਨਾਂ ਦੀ ਸੰਗਤਿ। ਜੰਦਾਰੁ–ਡਰਾਉਣਾ। ਜੋਹਿ ਨਹੀ ਸਾਕੈ–ਪੋਹ ਨਹੀਂ ਸਕਦਾ। ਸਰਪਨਿ–ਮਾਇਆ ਸਪਣੀ।੧। ਰਹਾਉ।

ਵਾਦੁ–ਧਾਰਮਿਕ ਚਰਚਾ। ਰਾਗੀ–ਰਾਗਾਂ ਵਿਚ, ਰੰਗ-ਤਮਾਸ਼ਿਆਂ ਵਿਚ। ਭੀਜੈ–ਖ਼ੁਸ਼ ਰਹਿੰਦਾ ਹੈ। ਬਿਖਿਆ–ਮਾਇਆ। ੨।

ਪਵਨੁ–ਸੁਆਸ। ਭੀਜੈ–(ਮੁੜ੍ਹਕੇ ਨਾਲ) ਭਿੱਜ ਜਾਂਦਾ ਹੈ। ਨਿਉਲੀ ਕਰਮ ਆਂਦਰਾਂ ਨੂੰ ਚੱਕਰ ਦਿਵਾਣ ਦਾ ਕਰਮ ਜਿਸ ਨਾਲ ਪੇਟ ਸਾਫ਼ ਰਹਿੰਦਾ ਹੈ। ਖਟੁ ਕਰਮ–ਹਠ-ਜੋਗ ਦੇ ੬ ਕਰਮ :–ਧੋਤੀ, ਨੇਤ੍ਰੀ, ਨਿਉਲੀ, ਵਸਤੀ, ਤ੍ਰਾਟਕ, ਕਪਾਲਭਾਤੀ। ਧੋਤੀ–ਕਪੜੇ ਦੀ ਲੀਰ ਨਿਗਲ ਕੇ ਮੇਹਦੇ ਵਿਚ ਲੈ ਜਾ ਕੇ ਫਿਰ ਬਾਹਰ ਕੱਢ ਲੈਣੀ। ਨੇਤ੍ਰੀ–ਸੂਤਰ ਦੀ ਡੋਰੀ ਨੱਕ ਦੀ ਨਾਸ ਰਸਤੇ ਲੰਘਾ ਕੇ ਸੰਘ ਵਿਚੋਂ ਦੀ ਕੱਢਣੀ। ਵਸਤੀ–ਬਾਂਸ ਦੀ ਪੋਲੀ ਪੋਰੀ ਗੁਦਾ ਵਿਚ ਰੱਖ ਕੇ ਸੁਆਸਾਂ ਦੇ ਜੋਰ ਨਾਲ ਪੋਰੀ ਵਿਚੋਂ ਦੀ ਪਾਣੀ ਚੜ੍ਹਾ ਕੇ ਆਂਦਰਾਂ ਸਾਫ਼ ਕਰਨੀਆਂ। ਤ੍ਰਾਟਕ–ਅੱਖਾਂ ਦੀ ਨਜ਼ਰ ਕਿਸੇ ਚੀਜ਼ ਉਤੇ ਟਿਕਾਣੀ। ਕਪਾਲਭਾਤੀ–ਲੋਹਾਰ ਦੀ ਧੌਂਕਣੀ ਵਾਂਗ ਸੁਆਸ ਛੇਤੀ ਛੇਤੀ ਅੰਦਰ ਬਾਹਰ ਖਿੱਚਣਾ। ਬਿਰਥਾ–ਵਿਅਰਥ। ੩।

ਪੰਚ ਅਗਨਿ–ਕਾਮਾਦਿਕ ਪੰਜ ਵਿਕਾਰਾਂ ਦੀ ਤਪਸ਼। ਧੀਜੈ–ਧਾਰੀ ਜਾਏ। ਸਾਦੁ–ਸੁਆਦ, ਆਨੰਦ, ਸੁਖ। ਕਾਇਆ–ਸਰੀਰ। ਗੜੁ–ਗੜ੍ਹ, ਕਿਲ੍ਹਾ। ਲੀਜੈ–ਕਾਬੂ ਕਰਨਾ ਚਾਹੀਦਾ ਹੈ। ੪।

ਭਰਮੀਜੈ–ਭਟਕਦੇ ਫਿਰੀਏ। ਸੋਚ–ਇਸ਼ਨਾਨ। ਸੂਚਾ–ਸੁੱਚਾ, ਪਵਿਤ੍ਰ। ਕਿਰਤੁ ਪਇਆ–ਕੀਤੇ ਕਰਮਾਂ ਦੇ ਸੰਸਕਾਰ ਮਨ ਵਿਚ ਇਕੱਠੇ ਹੋ ਜਾਣ ਤੇ। ਕਾ ਕਉ–ਕਿਸ ਨੂੰ ? ੫।

ਦੇਹੀ–ਸਰੀਰ (ਨੂੰ)। ਥੀਜੈ–ਹੁੰਦੀ। ੬।

ਸੰਗਤਿ ਜਨ–ਸੰਤ ਜਨਾਂ ਦੀ ਸੰਗਤਿ। ਰਾਚੈ–ਰਚ ਜਾਂਦਾ ਹੈ, ਲੀਨ ਹੋ ਜਾਂਦਾ ਹੈ। ੭।

ਊਂਦਰ–ਚੂਹਾ। ਦੂੰਦਰ–[ਦ੍ਵੰਦ੍ਵ] ਰੌਲਾ, ਸ਼ੋਰ। ਪਾਸਿ–ਇਕ ਪਾਸੇ, ਵੱਖਰਾ। ਰਵੀਜੈ–ਸਿਮਰਨਾ ਚਾਹੀਦਾ ਹੈ। ੮।

ਅਰਥ :–ਹੇ (ਮੇਰੇ) ਮਨ ! ਗੁਰੂ ਦੀ (ਦੱਸੀ) ਸੇਵਾ ਕਰ, ਤੇ ਸੰਤ ਜਨਾਂ ਦੀ ਸੰਗਤਿ ਕਰ, ਪਰਮਾਤਮਾ ਦੇ ਨਾਮ ਦਾ ਰਸ ਪੀ, (ਇਸ ਤਰ੍ਹਾਂ) ਭਿਆਨਕ ਜਮ ਪੋਹ ਨਹੀਂ ਸਕੇਗਾ ਅਤੇ ਮਾਇਆ-ਸਪਣੀ (ਮੋਹ ਦਾ) ਡੰਗ ਮਾਰ ਨਹੀਂ ਸਕੇਗੀ। ੧। ਰਹਾਉ।

ਵਰਤ ਰੱਖਣ ਨਾਲ, ਤਪ ਤਪਣ ਨਾਲ, ਮਨ ਨੂੰ ਇਕਾਗ੍ਰ ਕਰਨ ਵਾਸਤੇ ਧੱਕੇ

ਨਾਲ ਸਰੀਰ ਨੂੰ ਔਖਿਆਂ ਕੀਤਿਆਂ, ਮਨ ਦੇ ਫੁਰਨਿਆਂ ਨੂੰ ਬਦੋ ਬਦੀ ਰੋਕਣ ਦੇ ਜਤਨ ਕਰਨ ਨਾਲ, ਸਰੀਰ ਹੀ ਦੁਖੀ ਹੁੰਦਾ ਹੈ (ਇਹਨਾਂ ਕਸ਼ਟਾਂ ਦਾ) ਮਨ ਉਤੇ ਅਸਰ ਨਹੀਂ ਪੈਂਦਾ। (ਹਠ ਨਾਲ ਕੀਤਾ ਹੋਇਆ) ਕੋਈ ਭੀ ਕਰਮ ਪਰਮਾਤਮਾ ਦਾ ਨਾਮ ਸਿਮਰਨ ਦੀ ਬਰਾਬਰੀ ਨਹੀਂ ਕਰ ਸਕਦਾ। ੧।

ਜਗਤ ਧਾਰਮਿਕ ਚਰਚਾ (ਦੇ ਪੁਸਤਕ) ਪੜ੍ਹਦਾ ਹੈ, ਦੁਨੀਆ ਦੇ ਰੰਗ-ਤਮਾਸ਼ਿਆਂ ਵਿਚ ਹੀ ਖ਼ੁਸ਼ ਰਹਿੰਦਾ ਹੈ ਤੇ ਤ੍ਰੈ-ਗੁਣੀ ਮਾਇਆ ਦੇ ਮੋਹ ਵਿਚ ਫਸ ਕੇ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ (ਉਂਞ ਇਸ ਚਰਚਾ ਆਦਿਕ ਨੂੰ ਧਾਰਮਿਕ ਕੰਮ ਸਮਝਦਾ ਹੈ)। ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਦੁੱਖ ਹੀ ਸਹਾਰਨਾ ਪੈਂਦਾ ਹੈ। ੨।

ਹਠ-ਜੋਗੀ ਸੁਆਸ (ਦਸਮ ਦੁਆਰ ਵਿਚ) ਚਾੜ੍ਹਦਾ ਹੈ (ਇਤਨੀ ਮੇਹਨਤ ਕਰਦਾ ਹੈ ਕਿ ਪਸੀਨੇ ਨਾਲ ਉਸ ਦਾ) ਸਿੰਘਾਸਨ ਭੀ ਭਿੱਜ ਜਾਂਦਾ ਹੈ, (ਆਂਦਰਾਂ ਸਾਫ਼ ਰੱਖਣ ਲਈ) ਨਿਉਲੀ ਕਰਮ ਤੇ (ਹਠ ਜੋਗ ਦੇ) ਛੇ ਕਰਮ ਕਰਦਾ ਹੈ, ਪਰ ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਵਿਅਰਥ ਜੀਵਨ ਜੀਊਂਦਾ ਹੈ। ੩।

ਜਿਤਨਾ ਚਿਰ ਕਾਮਾਦਿਕ ਪੰਜ ਵਿਕਾਰਾਂ ਦੀ ਅੱਗ ਅੰਤਰ ਆਤਮੇ ਭੜਕ ਰਹੀ ਹੋਵੇ, ਉਤਨਾ ਚਿਰ ਮਨ ਧੀਰਜ ਨਹੀਂ ਧਾਰ ਸਕਦਾ। ਜਿਤਨਾ ਚਿਰ ਮੋਹ-ਚੋਰ ਅੰਦਰ ਵੱਸ ਰਿਹਾ ਹੈ ਆਤਮਕ ਆਨੰਦ ਨਹੀਂ ਮਿਲ ਸਕਦਾ। ਗੁਰੂ ਦੀ ਸਰਨ ਪੈ ਕੇ ਇਸ ਸਰੀਰ-ਕਿਲ੍ਹੇ ਨੂੰ ਜਿੱਤੇ (ਇਸ ਵਿਚ ਆਕੀ ਹੋਇਆ ਮਨ ਵੱਸ ਵਿਚ ਆ ਜਾਇਗਾ ਤੇ ਆਤਮਕ ਆਨੰਦ ਮਿਲੇਗਾ)। ੪।

ਜੇ ਮਨ ਵਿਚ (ਮਾਇਆ ਦੇ ਮੋਹ ਦੀ) ਮੈਲ ਟਿਕੀ ਰਹੇ, ਤੀਰਥਾਂ ਤੇ (ਇਸ਼ਨਾਨ ਲਈ) ਭੌਂਦੇ ਫਿਰੀਏ, ਇਸ ਤਰ੍ਹਾਂ ਮਨ ਸੁੱਚਾ ਨਹੀਂ ਹੋ ਸਕਦਾ (ਤੀਰਥ-) ਇਸ਼ਨਾਨ ਦਾ ਕੋਈ ਲਾਭ ਨਹੀਂ ਹੁੰਦਾ। (ਪਰ) ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਗ਼ਲਤ ਰਸਤੇ ਵਲ ਹੀ ਪ੍ਰੇਰਨਾ ਕਰੀ ਜਾਂਦਾ ਹੈ, ਇਸ ਵਾਸਤੇ) ਕਿਸੇ ਨੂੰ ਦੋਸ਼ੀ ਭੀ ਨਹੀਂ ਠਹਿਰਾਇਆ ਜਾ ਸਕਦਾ। ੫।

ਜੇਹੜੇ ਬੰਦੇ ਅੰਨ ਨਹੀਂ ਖਾਂਦੇ (ਇਸ ਤਰ੍ਹਾਂ ਉਹ ਕੋਈ ਆਤਮਕ ਲਾਭ ਤਾਂ ਨਹੀਂ ਖੱਟਦੇ) ਸਰੀਰ ਨੂੰ ਹੀ ਕਸ਼ਟ ਮਿਲਦਾ ਹੈ, ਗੁਰੂ ਤੋਂ ਮਿਲੇ ਗਿਆਨ ਤੋਂ ਬਿਨਾ(ਮਾਇਆ ਵਲੋਂ ਵਿਕਾਰਾਂ ਵਲੋਂ) ਤ੍ਰਿਪਤੀ ਨਹੀਂ ਹੋ ਸਕਦੀ। ਸੋ, ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਜੰਮਦਾ ਹੈ ਮਰਦਾ ਹੈ, ਜੰਮਦਾ ਹੈ ਮਰਦਾ ਹੈ) ਉਸ ਦਾ ਇਹ ਗੇੜ ਤੁਰਿਆ ਰਹਿੰਦਾ ਹੈ)। ੬।

ਹੇ ਭਾਈ! ਗੁਰੂ ਦਾ ਉਪਦੇਸ਼ ਲੈ ਕੇ ਸੰਤ ਜਨਾਂ ਦੀ ਸੰਗਤਿ ਕਰਨੀ ਚਾਹੀਦੀ ਹੈ। (ਸੰਗਤਿ ਵਿਚ ਰਿਹਾਂ) ਮਨ ਪਰਮਾਤਮਾ ਦੇ ਨਾਮ ਵਿਚ ਲੀਨ ਰਹਿੰਦਾ ਹੈ, ਤੇ ਇਸ ਤਰ੍ਹਾਂ

ਜਨਮ ਮਰਨ ਦਾ ਗੇੜ ਨਹੀਂ ਵਿਆਪਦਾ। ਪਰਮਾਤਮਾ ਦਾ ਨਾਮ ਨਾਹ ਸਿਮਰਿਆ, ਤਾਂ ਕਿਸੇ ਹੋਰ ਹਠ-ਕਰਮ ਦਾ ਕੋਈ ਲਾਭ ਨਹੀਂ ਹੁੰਦਾ। ੭।

ਚੂਹੇ ਵਾਂਗ ਅੰਦਰੋ ਅੰਦਰ ਸ਼ੋਰ ਮਚਾਣ ਵਾਲੇ ਮਨ ਦੇ ਸੰਕਲਪ ਵਿਕਲਪ ਅੰਦਰੋਂ ਕੱਢ ਦੇਣੇ ਚਾਹੀਦੇ ਹਨ, ਪਰਮਾਤਮਾ ਦੇ ਨਾਮ ਦਾ ਸਿਮਰਨ ਕਰਨਾ ਚਾਹੀਦਾ ਹੈ, ਇਹੀ ਹੈ ਧੁਰੋਂ ਮਿਲੀ ਸੇਵਾ (ਜੋ ਮਨੁੱਖ ਨੇ ਕਰਨੀ ਹੈ)।

ਹੇ ਨਾਨਕ! (ਪ੍ਰਭੂ ਅਗੇ ਅਰਦਾਸ ਕਰ–)ਹੇ ਪ੍ਰਭੂ! ਮੇਹਰ ਕਰ, ਮੈਨੂੰ ਤੇਰੇ ਨਾਮ ਦੀ ਦਾਤਿ ਮਿਲੇ।੮।੫।

ਰਾਮਕਲੀ ਮਹਲਾ ੧ ॥ ਅੰਤਰਿ ਉਤਭੁਜੁ ਅਵਰੁ ਨ ਕੋਈ ॥ ਜੋ ਕਹੀਐ ਸੋ ਪ੍ਰਭ ਤੇ ਹੋਈ ॥ ਜੁਗਹ ਜੁਗੰਤਰਿ ਸਾਹਬੁ ਸਚੁ ਸੋਈ ॥ ਉਤਪਤਿ ਪਰਲਉ ਅਵਰੁ ਨ ਕੋਈ ॥ ੧ ॥ ਐਸਾ ਮੇਰਾ ਠਾਕੁਰੁ ਗਹਿਰ ਗੰਭੀਰੁ ॥ ਜਿਨਿ ਜਪਿਆ ਤਿਨ ਹੀ ਸੁਖੁ ਪਾਇਆ ਹਰਿ ਕੈ ਨਾਮਿ ਨ ਲਗੈ ਜਮ ਤੀਰੁ॥ ੧ ॥ ਰਹਾਉ ॥ ਨਾਮੁ ਰਤਨੁ ਹੀਰਾ ਨਿਰਮੋਲੁ ॥ ਸਾਚਾ ਸਾਹਿਬੁ ਅਮਰੁ ਅਤੋਲੁ ॥ ਜਿਹਵਾ ਸੂਚੀ ਸਾਚਾ ਬੋਲੁ ॥ ਘਰਿ ਦਰਿ ਸਾਚਾ ਨਾਹੀ ਰੋਲੁ ॥ ੨ ॥ ਇਕਿ ਬਨ ਮਹਿ ਬੈਸਹਿ ਡੂਗਰਿ ਅਸਥਾਨੁ ॥ ਨਾਮੁ ਬਿਸਾਰਿ ਪਚਹਿ ਅਭਿਮਾਨੁ ॥ ਨਾਮ ਬਿਨਾ ਕਿਆ ਗਿਆਨ ਧਿਆਨੁ ॥ ਗੁਰਮੁਖਿ ਪਾਵਹਿ ਦਰਗਹਿ ਮਾਨੁ ॥ ੩ ॥ ਹਠੁ ਅਹੰਕਾਰੁ ਕਰੈ ਨਹੀ ਪਾਵੈ ॥ ਪਾਠ ਪੜੈ ਲੇ ਲੋਕ ਸੁਣਾਵੈ ॥ ਤੀਰਥਿ ਭਰਮਸਿ ਬਿਆਧਿ ਨ ਜਾਵੈ ॥ ਨਾਮ ਬਿਨਾ ਕੈਸੇ ਸੁਖੁ ਪਾਵੈ ॥੪॥ ਜਤਨ ਕਰੈ ਬਿੰਦੁ ਕਿਵੈ ਨ ਰਹਾਈ ॥ ਮਨੂਆ ਡੋਲੈ ਨਰਕੇ ਪਾਈ ॥ ਜਮ ਪੁਰਿ ਬਾਧੋ ਲਹੈ ਸਜਾਈ ॥ ਬਿਨੁ ਨਾਵੈ ਜੀਉ ਜਲਿ ਬਲਿ ਜਾਈ ॥੫॥ ਸਿਧ ਸਾਧਿਕ ਕੇਤੇ ਮੁਨਿ ਦੇਵਾ ॥ ਹਠਿ ਨਿਗ੍ਰਹਿ ਨ ਤ੍ਰਿਪਤਾਵਹਿ ਭੇਵਾ ॥ ਸਬਦੁ ਵੀਚਾਰਿ ਗਹਹਿ ਗੁਰ ਸੇਵਾ ॥ ਮਨਿ ਤਨਿ ਨਿਰਮਲ ਅਭਿਮਾਨ ਅਭੇਵਾ ॥੬॥ ਕਰਮਿ ਮਿਲੈ ਪਾਵੈ ਸਚੁ ਨਾਉ ॥ ਤੁਮ ਸਰਣਾਗਤਿ ਰਹਉ ਸੁ ਭਾਉ ॥ ਤੁਮ ਤੇ ਉਪਜਿਓ ਭਗਤੀ ਭਾਉ ॥ ਜਪੁ ਜਾਪਉ ਗੁਰਮੁਖਿ ਹਰਿ ਨਾਉ ॥੭॥ ਹਉਮੈ ਗਰਬੁ ਜਾਇ ਮਨ ਭੀਨੈ॥ ਝੂਠਿ ਨ ਪਾਵਸਿ ਪਾਖੰਡਿ ਕੀਨੈ ॥ ਬਿਨੁ ਗੁਰ ਸਬਦ ਨਹੀ ਘਰੁ ਬਾਰੁ॥ ਨਾਨਕ ਗੁਰਮੁਖਿ ਤਤੁ ਬੀਚਾਰੁ ॥ ੮ ॥ ੬ ॥ [ਪੰਨਾ ੯੦੫]

ਪਦ ਅਰਥ :–ਅੰਤਰਿ–ਪਰਮਾਤਮਾ ਦੇ ਹੀ ਅੰਦਰ। ਉਤਭੁਜੁ–(ਸ੍ਰਿਸ਼ਟੀ ਦੀ)

ਉਤਪੱਤੀ। ਜੋ ਕਹੀਐ-ਜਿਸ ਭੀ ਚੀਜ਼ ਦਾ ਨਾਮ ਲਿਆ ਜਾਏ। ਤੇ-ਤੋਂ। ਜੁਗਹ ਜੁਗੰਤਰਿ-ਜੁਗਾਂ ਜੁਗਾਂ ਦੇ ਅੰਦਰ। ਸਚੁ-ਸਦਾ-ਥਿਰ। ਪਰਲਉ-ਨਾਸ। ੧।

ਗਹਿਰ-ਡੂੰਘਾ, ਜਿਸ ਦਾ ਭੇਦ ਨ ਪਾਇਆ ਜਾ ਸਕੇ। ਗੰਭੀਰੁ-ਵੱਡੇ ਜਿਗਰੇ ਵਾਲਾ। ਜਿਨਿ-ਜਿਸ (ਭੀ ਮਨੁੱਖ) ਨੇ। ਨਾਮਿ-ਨਾਮ ਦੀ ਰਾਹੀਂ। ਜਮ ਤੀਰੁ-ਜਮ ਦਾ ਤੀਰ। ੧। ਰਹਾਉ।

ਨਿਰਮੋਲੁ-ਜਿਸ ਦਾ ਮੁੱਲ ਨ ਪਾਇਆ ਜਾ ਸਕੇ। ਅਮਰੁ-ਅਟੱਲ। ਜਿਹਵਾ-ਜੀਭ। ਘਰਿ ਦਰਿ-ਹਿਰਦੇ ਵਿਚ। ਰੋਲੁ-ਭੁਲੇਖਾ। ੨।

ਇਕਿ-ਕਈ ਬੰਦੇ। ਡੂਗਰਿ-ਪਹਾੜ ਵਿਚ। ਅਸਥਾਨੁ-ਗੁਫਾ ਆਦਿਕ ਥਾਂ (ਬਣਾ ਕੇ)। ਪਚਹਿ-ਖ਼ੁਆਰ ਹੁੰਦੇ ਹਨ। ਕਿਆ-ਵਿਅਰਥ। ੩।

ਹਠੁ-(ਮਨ ਦੀ ਇਕਾਗ੍ਰਤਾ ਵਾਸਤੇ ਸਰੀਰ ਉਤੇ) ਧੱਕਾ-ਜ਼ੋਰ। ਲੇ-ਲੈ ਕੇ। ਭਰਮਸਿ-(ਜੋ) ਭਵੇਂਗਾ। ਬਿਆਧਿ-ਰੋਗ, ਕਾਮਾਦਿ ਰੋਗ। ੪।

ਬਿੰਦੁ-ਵੀਰਜ। ਕਿਵੈ-ਕਿਸੇ ਤਰ੍ਹਾਂ ਭੀ। ਬਿੰਦੁ ਨ ਰਹਾਵੈ-ਕਾਮ-ਵਾਸਨਾ ਤੋਂ ਨਹੀਂ ਬਚਦਾ। ਨਰਕੇ-ਨਰਕ ਵਿਚ। ਲਹੈ-ਲੈਂਦਾ ਹੈ, ਸਹਾਰਦਾ ਹੈ। ਜੀਉ-ਜਿੰਦ। ੫।

ਸਿਧ-ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਸਾਧਿਕ-ਜੋਗ-ਸਾਧਨ ਕਰਨ ਵਾਲੇ। ਹਠਿ-ਹਠ ਦੀ ਰਾਹੀਂ। ਨਿਗ੍ਰਹਿ-ਨਿਗ੍ਰਹ ਦੀ ਰਾਹੀਂ, ਇੰਦ੍ਰਿਆਂ ਨੂੰ ਰੋਕਣ ਦੇ ਜਤਨ ਨਾਲ। ਨ ਤ੍ਰਿਪਤਾਵਹਿ-ਨਹੀਂ ਮਿਟਾ ਸਕਦੇ। ਭੇਵਾ-ਅੰਦਰਲੀ ਵਿਖੇਪਤਾ। ਗਹਹਿ-ਪਕੜਦੇ ਹਨ, ਕਰਦੇ ਹਨ। ਅਭਿਮਾਨ ਅਭੇਵਾ-ਅਭਿਮਾਨ ਦਾ ਅਭਾਵ। ੬।

ਕਰਮਿ-ਬਖ਼ਸ਼ਸ਼ ਦੁਆਰਾ, ਮੇਹਰ ਨਾਲ। ਸਚੁ-ਸਦਾ-ਥਿਰ। ਰਹਉ-ਮੈਂ ਰਹਿੰਦਾ ਹਾਂ। ਸੁ ਭਾਉ-(ਤੇਰੇ ਚਰਨਾਂ ਦਾ) ਸ੍ਰੇਸ਼ਟ ਪ੍ਰੇਮ। ਤੇ-ਤੋਂ। ਭਾਉ-ਪ੍ਰੇਮ। ਜਾਪਉ-ਮੈਂ ਜਪਦਾ ਹਾਂ। ਗੁਰੂ ਦੀ ਸਰਨ ਪੈ ਕੇ। ੭।

ਗਰਬੁ-ਅਹੰਕਾਰ। ਜਾਇ-ਦੂਰ ਹੁੰਦਾ ਹੈ। ਮਨ ਭੀਨੈ-ਜੇ ਮਨ ਭਿੱਜ ਜਾਏ। ਨ ਪਾਵਸਿ-ਨਹੀਂ ਪ੍ਰਾਪਤ ਕਰੇਗਾ। ਪਾਖੰਡਿ ਕੀਨੈ-ਜੇ ਪਾਖੰਡ ਕੀਤਾ ਜਾਏ, ਪਾਖੰਡ ਕੀਤਿਆਂ। ਘਰੁ ਬਾਰੁ-ਪੱਕਾ ਟਿਕਾਣਾ, ਪਰਮਾਤਮਾ ਦਾ ਮਹਲ। ਤਤੁ-ਜਗਤ ਦਾ ਮੂਲ ਪਰਮਾਤਮਾ। ਬੀਚਾਰੁ-ਪ੍ਰਭੂ ਦੇ ਗੁਣਾਂ ਦੀ ਵਿਚਾਰ। ੮।

ਅਰਥ :-ਸਾਡਾ ਪਾਲਣਹਾਰ ਪ੍ਰਭੂ ਬੜਾ ਅਥਾਹ ਹੈ ਤੇ ਵੱਡੇ ਜਿਗਰੇ ਵਾਲਾ ਹੈ। ਜਿਸ ਭੀ ਮਨੁੱਖ ਨੇ (ਉਸ ਦਾ ਨਾਮ) ਜਪਿਆ ਹੈ ਉਸੇ ਨੇ ਹੀ ਆਤਮਕ ਆਨੰਦ ਪ੍ਰਾਪਤ ਕਰ ਲਿਆ ਹੈ। ਪਰਮਾਤਮਾ ਦੇ ਨਾਮ ਵਿਚ ਜੁੜਿਆਂ ਮੌਤ ਦਾ ਡਰ ਨਹੀਂ ਪੋਂਹਦਾ।੧। ਰਹਾਉ।

(ਉਹ ਪਰਮਾਤਮਾ ਐਸਾ ਹੈ ਕਿ) ਸ੍ਰਿਸ਼ਟੀ ਦੀ ਉਤਪੱਤੀ (ਦੀ ਤਾਕਤ) ਉਸ ਦੇ ਆਪਣੇ ਅੰਦਰ ਹੀ ਹੈ (ਉਤਪੱਤੀ ਕਰਨ ਵਾਲਾ) ਹੋਰ ਕੋਈ ਭੀ ਨਹੀਂ ਹੈ। ਜਿਸ ਭੀ ਚੀਜ਼ ਦਾ ਨਾਮ ਲਿਆ ਜਾਏ ਉਹ ਪਰਮਾਤਮਾ ਤੋਂ ਹੀ ਪੈਦਾ ਹੋਈ ਹੈ। ਉਹੀ ਮਾਲਕ ਜੁਗਾਂ ਜੁਗਾਂ ਵਿਚ ਸਦਾ-ਥਿਰ ਚਲਿਆ ਆ ਰਿਹਾ ਹੈ। ਜਗਤ ਦੀ ਉਤਪੱਤੀ ਤੇ ਜਗਤ ਦਾ ਨਾਸ ਕਰਨ ਵਾਲਾ (ਉਸ ਤੋਂ ਬਿਨਾ) ਕੋਈ ਹੋਰ ਨਹੀਂ ਹੈ। ੧।

ਪਰਮਾਤਮਾ ਦਾ ਨਾਮ (ਇਕ ਐਸਾ) ਰਤਨ ਹੈ ਹੀਰਾ ਹੈ ਜਿਸ ਦਾ ਮੁੱਲ ਨਹੀਂ ਪਾਇਆ ਜਾ ਸਕਦਾ (ਜੋ ਕਿਸੇ ਕੀਮਤ ਤੋਂ ਨਹੀਂ ਮਿਲ ਸਕਦਾ), ਉਹ ਸਦਾ ਥਿਰ ਰਹਿਣ ਵਾਲਾ ਮਾਲਕ ਹੈ ਉਹ ਕਦੇ ਮਰਨ ਵਾਲਾ ਨਹੀਂ ਹੈ,ਉਸ ਦੇ ਵੱਡਪਣ ਨੂੰ ਤੋਲਿਆ ਨਹੀਂ ਜਾ ਸਕਦਾ। ਜੇਹੜੀ ਜੀਭ (ਉਸ ਅਮਰ ਅਡੋਲ ਪ੍ਰਭੂ ਦੀ ਸਿਫ਼ਤਿ ਸਾਲਾਹ ਦਾ) ਬੋਲ ਬੋਲਦੀ ਹੈ ਉਹ ਸੁੱਚੀ ਹੈ। (ਸਿਫ਼ਤਿ ਸਾਲਾਹ ਕਰਨ ਵਾਲੇ ਬੰਦੇ ਨੂੰ) ਅੰਦਰ ਬਾਹਰ ਹਰ ਥਾਂ ਉਹ ਸਦਾ-ਥਿਰ ਪ੍ਰਭੂ ਹੀ ਦਿੱਸਦਾ ਹੈ, ਇਸ ਬਾਰੇ ਉਸ ਨੂੰ ਕੋਈ ਭੁਲੇਖਾ ਨਹੀਂ ਲੱਗਦਾ।੨।

ਅਨੇਕਾਂ ਬੰਦੇ (ਗ੍ਰਿਹਸਤ ਤਿਆਗ ਕੇ) ਜੰਗਲਾਂ ਵਿਚ ਜਾ ਬੈਠਦੇ ਹਨ, ਪਹਾੜ ਵਿਚ (ਗੁਫਾ ਆਦਿਕ) ਥਾਂ (ਬਣਾ ਕੇ) ਬੈਠਦੇ ਹਨ (ਆਪਣੇ ਇਸ ਉੱਦਮ ਦਾ) ਮਾਣ (ਭੀ) ਕਰਦੇ ਹਨ, ਪਰ ਪਰਮਾਤਮਾ ਦਾ ਨਾਮ ਵਿਸਾਰ ਕੇ ਉਹ ਖ਼ੁਆਰ (ਹੀ) ਹੁੰਦੇ ਹਨ। ਪਰਮਾਤਮਾ ਦੇ ਨਾਮ ਤੋਂ ਵਾਂਜੇ ਰਹਿ ਕੇ ਕੋਈ ਗਿਆਨ-ਚਰਚਾ ਤੇ ਕੋਈ ਸਮਾਧੀ ਕਿਸੇ ਅਰਥ ਨਹੀਂ। ਜੇਹੜੇ ਮਨੁੱਖ ਗੁਰੂ ਦੇ ਰਸਤੇ ਤੁਰਦੇ ਹਨ (ਤੇ ਨਾਮ ਜਪਦੇ ਹਨ) ਉਹ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ ਪਾਂਦੇ ਹਨ। ੩।

(ਜੇਹੜਾ ਮਨੁੱਖ ਇਕਾਗ੍ਰਤਾ ਆਦਿਕ ਵਾਸਤੇ ਸਰੀਰ ਉਤੇ ਕੋਈ) ਧੱਕਾ-ਜ਼ੋਰ ਕਰਦਾ ਹੈ (ਤੇ ਇਸ ਉੱਦਮ ਦਾ) ਮਾਣ (ਭੀ) ਕਰਦਾ ਹੈ, ਉਹ ਪਰਮਾਤਮਾ ਨੂੰ ਨਹੀਂ ਮਿਲ ਸਕਦਾ। ਜੇਹੜਾ ਮਨੁੱਖ (ਲੋਕ-ਵਿਖਾਵੇ ਦੀ ਖ਼ਾਤਰ) ਧਾਰਮਿਕ ਪੁਸਤਕਾਂ ਪੜ੍ਹਦਾ ਹੈ, ਪੁਸਤਕਾਂ ਲੈ ਕੇ ਲੋਕਾਂ ਨੂੰ (ਹੀ) ਸੁਣਾਂਦਾ ਹੈ, ਕਿਸੇ ਤੀਰਥ ਉਤੇ (ਭੀ ਇਸ਼ਨਾਨ ਵਾਸਤੇ) ਜਾਂਦਾ ਹੈ (ਇਸ ਤਰ੍ਹਾਂ) ਉਸ ਦਾ ਕਾਮਾਦਿਕ ਰੋਗ ਦੂਰ ਨਹੀਂ ਹੋ ਸਕਦਾ। ਪਰ-ਮਾਤਮਾ ਦੇ ਨਾਮ ਤੋਂ ਬਿਨਾ ਕੋਈ ਮਨੁੱਖ ਆਤਮਕ ਆਨੰਦ ਨਹੀਂ ਮਾਣ ਸਕਦਾ।੪।

(ਬਨ-ਵਾਸ, ਡੂਗਰ-ਵਾਸ, ਹਠ, ਨਿਗ੍ਰਹ, ਤੀਰਥ-ਇਸ਼ਨਾਨ ਆਦਿਕ) ਜਤਨ ਮਨੁੱਖ ਕਰਦਾ ਹੈ, ਅਜੇਹੇ ਕਿਸੇ ਭੀ ਤਰੀਕੇ ਨਾਲ ਕਾਮ-ਵਾਸਨਾ ਰੋਕੀ ਨਹੀਂ ਜਾ ਸਕਦੀ, ਮਨ ਡੋਲਦਾ ਹੀ ਰਹਿੰਦਾ ਹੈ ਤੇ ਜੀਵ ਨਰਕ ਵਿਚ ਹੀ ਪਿਆ ਰਹਿੰਦਾ ਹੈ, ਕਾਮ-ਵਾਸਨਾ ਆਦਿਕ ਵਿਕਾਰਾਂ ਵਿਚ ਬੱਝਾ ਹੋਇਆ ਜਮਰਾਜ ਦੀ ਪੁਰੀ ਵਿਚ (ਆਤਮਕ ਕਲੇਸ਼ਾਂ ਦੀ) ਸਜ਼ਾ ਭੁਗਤਦਾ ਹੈ। ਪਰਮਾਤਮਾ ਦੇ ਨਾਮ ਤੋਂ ਬਿਨਾ ਜਿੰਦ ਵਿਕਾਰਾਂ ਵਿਚ ਸੜਦੀ ਭੁੱਜਦੀ

ਰਹਿੰਦੀ ਹੈ ।੫।

ਅਨੇਕਾਂ ਸਿੱਧ ਸਾਧਿਕ ਰਿਸ਼ੀ ਮੁਨੀ (ਹਠ ਨਿਗ੍ਰਹ ਆਦਿਕ ਕਰਦੇ ਹਨ ਪਰ) ਹਠ ਨਿਗ੍ਰਹ ਨਾਲ ਅੰਦਰਲੀ ਵਿਖੇਪਤਾ ਨੂੰ ਮਿਟਾ ਨਹੀਂ ਸਕਦੇ । ਜੇਹੜੇ ਮਨੁੱਖ ਗੁਰੂ ਦੇ ਸ਼ਬਦ ਨੂੰ ਆਪਣੇ ਵਿਚਾਰ-ਮੰਡਲ ਵਿਚ ਟਿਕਾ ਕੇ ਗੁਰੂ ਦੀ (ਦਸੀ) ਸੇਵਾ (ਦਾ ਉੱਦਮ) ਗ੍ਰਹਿਣ ਕਰਦੇ ਹਨ ਉਹਨਾਂ ਦੇ ਮਨ ਵਿਚ ਉਹਨਾਂ ਦੇ ਸਰੀਰ ਵਿਚ (ਭਾਵ, ਇੰਦ੍ਰਿਆਂ ਵਿਚ) ਪਵਿਤ੍ਰਤਾ ਆ ਜਾਂਦੀ ਹੈ, ਉਹਨਾਂ ਦੇ ਅੰਦਰ ਅਹੰਕਾਰ ਦਾ ਅਭਾਵ ਹੋ ਜਾਂਦਾ ਹੈ ।੬।

ਜਿਸ ਮਨੁੱਖ ਨੂੰ ਆਪਣੀ ਮੇਹਰ ਨਾਲ ਪਰਮਾਤਮਾ ਮਿਲਦਾ ਹੈ ਉਹ ਸਦਾ-ਥਿਰ ਪ੍ਰਭੂ-ਨਾਮ (ਦੀ ਦਾਤਿ) ਪ੍ਰਾਪਤ ਕਰਦਾ ਹੈ ।

(ਹੇ ਪ੍ਰਭੂ !) ਮੈਂ ਭੀ ਤੇਰੀ ਸਰਨ ਆ ਟਿਕਿਆ ਹਾਂ (ਤਾ ਕਿ ਤੇਰੇ ਚਰਨਾਂ ਦਾ) ਸ੍ਰੇਸ਼ਟ ਪ੍ਰੇਮ (ਮੈਂ ਹਾਸਲ ਕਰ ਸਕਾਂ) । (ਜੀਵ ਦੇ ਅੰਦਰ) ਤੇਰੀ ਭਗਤੀ ਤੇਰਾ ਪ੍ਰੇਮ ਤੇਰੀ ਮੇਹਰ ਨਾਲ ਹੀ ਪੈਦਾ ਹੁੰਦੇ ਹਨ । ਹੇ ਹਰੀ ! (ਜੇ ਤੇਰੀ ਮੇਹਰ ਹੋਵੇ ਤਾਂ) ਮੈਂ ਗੁਰੂ ਦੀ ਸਰਨ ਪੈ ਕੇ ਤੇਰੇ ਨਾਮ ਦਾ ਜਾਪ ਜਪਦਾ ਰਹਾਂ ।੭।

ਜੇ ਜੀਵ ਦਾ ਮਨ ਪਰਮਾਤਮਾ ਦੇ ਨਾਮ-ਰਸ ਵਿਚ ਭਿੱਜ ਜਾਏ ਤਾਂ ਅੰਦਰੋਂ ਹਉਮੈ ਅਹੰਕਾਰ ਦੂਰ ਹੋ ਜਾਂਦਾ ਹੈ, ਪਰ (ਨਾਮ-ਰਸ ਵਿਚ ਭਿੱਜਣ ਦੀ ਇਹ ਦਾਤਿ) ਝੂਠ ਦੀ ਰਾਹੀ ਜਾਂ ਪਖੰਡ ਕੀਤਿਆਂ ਕੋਈ ਭੀ ਨਹੀਂ ਪ੍ਰਾਪਤ ਕਰ ਸਕਦਾ । ਗੁਰੂ ਦੇ ਸ਼ਬਦ ਤੋਂ ਬਿਨਾ ਪਰਮਾਤਮਾ ਦਾ ਦਰਬਾਰ ਨਹੀਂ ਲੱਭ ਸਕਦਾ ।

ਹੇ ਨਾਨਕ ! ਜੇਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਜਗਤ ਦੇ ਮੂਲ ਪ੍ਰਭੂ ਨੂੰ ਮਿਲ ਪੈਂਦਾ ਹੈ, ਉਹ ਪ੍ਰਭੂ ਦੇ ਗੁਣਾਂ ਦੀ ਵਿਚਾਰ (ਦਾ ਸੁਭਾਉ) ਪ੍ਰਾਪਤ ਕਰ ਲੈਂਦਾ ਹੈ।੮।੬।

ਰਾਮਕਲੀ ਮਹਲਾ ੧ ॥ ਜਿਉ ਆਇਆ ਤਿਉ ਜਾਵਹਿ ਬਉਰੇ ਜਿਉ ਜਨਮੇ ਤਿਉ ਮਰਣੁ ਭਇਆ ॥ ਜਿਉ ਰਸ ਭੋਗ ਕੀਏ ਤੇਤਾ ਦੁਖੁ ਲਾਗੈ ਨਾਮੁ ਵਿਸਾਰਿ ਭਵਜਲਿ ਪਇਆ ॥੧॥ ਤਨੁ ਧਨੁ ਦੇਖਤ ਗਰਬਿ ਗਇਆ ॥ ਕਨਿਕ ਕਾਮਨੀ ਸਿਉ ਹੇਤੁ ਵਧਾਇਹਿ ਕੀ ਨਾਮੁ ਵਿਸਾਰਹਿ ਭਰਮਿ ਗਇਆ ॥੧॥ ਰਹਾਉ ॥ ਜਤੁ ਸਤੁ ਸੰਜਮੁ ਸੀਲੁ ਨ ਰਾਖਿਆ ਪ੍ਰੇਤ ਪਿੰਜਰ ਮਹਿ ਕਾਸਟੁ ਭਇਆ ॥ ਪੁੰਨੁ ਦਾਨੁ ਇਸਨਾਨੁ ਨ ਸੰਜਮੁ ਸਾਧ ਸੰਗਤਿ ਬਿਨੁ ਬਾਦਿ ਜਇਆ ॥੨॥ ਲਾਲਚਿ ਲਾਗੈ ਨਾਮੁ ਬਿਸਾਰਿਓ ਆਵਤ ਜਾਵਤ ਜਨਮੁ ਗਇਆ ॥ ਜਾ ਜਮੁ ਧਾਇ ਕੇਸ ਗਹਿ ਮਾਰੈ ਸੁਰਤਿ ਨਹੀ ਮੁਖਿ ਕਾਲ

ਗਇਆ ॥੩॥ ਅਹਿਨਿਸਿ ਨਿੰਦਾ ਤਾਤਿ ਪਰਾਈ ਹਿਰਦੈ ਨਾਮੁ ਨ ਸਰਬ ਦਇਆ ॥ ਬਿਨੁ ਗੁਰ ਸਬਦ ਨ ਗਤਿ ਪਤਿ ਪਾਵਹਿ ਰਾਮ ਨਾਮ ਬਿਨੁ ਨਰਕਿ ਗਇਆ ॥ ੪ ॥ ਖਿਨ ਮਹਿ ਵੇਸ ਕਰਹਿ ਨਟੂਆ ਜਿਉ ਮੋਹ ਪਾਪ ਮਹਿ ਗਲਤੁ ਗਇਆ ॥ ਇਤ ਉਤ ਮਾਇਆ ਦੇਖਿ ਪਸਾਰੀ ਮੋਹ ਮਾਇਆ ਕੈ ਮਗਨੁ ਭਇਆ ॥ ੫ ॥ ਕਰਹਿ ਬਿਕਾਰ ਵਿਥਾਰ ਘਨੇਰੇ ਸੁਰਤਿ ਸਬਦ ਬਿਨੁ ਭਰਮਿ ਪਇਆ॥ ਹਉਮੈ ਰੋਗੁ ਮਹਾ ਦੁਖੁ ਲਾਗਾ ਗੁਰਮਤਿ ਲੇਵਹੁ ਰੋਗੁ ਗਇਆ ॥ ੬ ॥ ਸੁਖ ਸੰਪਤਿ ਕਉ ਆਵਤ ਦੇਖੈ ਸਾਕਤ ਮਨਿ ਅਭਿਮਾਨੁ ਭਇਆ ॥ ਜਿਸ ਕਾ ਇਹੁ ਤਨੁ ਧਨੁ ਸੋ ਫਿਰਿ ਲੇਵੈ ਅੰਤਰਿ ਸਹਸਾ ਦੂਖੁ ਪਇਆ ॥੭॥ ਅੰਤਿ ਕਾਲਿ ਕਿਛੁ ਸਾਥਿ ਨ ਚਾਲੈ ਜੋ ਦੀਸੈ ਸਭੁ ਤਿਸਹਿ ਮਇਆ ॥ ਆਦਿ ਪੁਰਖੁ ਅਪਰੰਪਰੁ ਸੋ ਪ੍ਰਭੁ ਹਰਿ ਨਾਮੁ ਰਿਦੈ ਲੈ ਪਾਰਿ ਪਇਆ ॥ ੮ ॥ ਮੂਏ ਕਉ ਰੋਵਹਿ ਕਿਸਹਿ ਸੁਣਾਵਹਿ ਭੈ ਸਾਗਰ ਅਸ-ਰਾਲਿ ਪਇਆ ॥ ਦੇਖਿ ਕੁਟੰਬੁ ਮਾਇਆ ਗ੍ਰਿਹ ਮੰਦਰੁ ਸਾਕਤੁ ਜੰਜਾਲਿ ਪਰਾਲਿ ਪਇਆ ॥ ੯ ॥ ਜਾ ਆਏ ਤਾ ਤਿਨਹਿ ਪਠਾਏ ਚਾਲੇ ਤਿਨੈ ਬੁਲਾਇ ਲਇਆ ॥ਜੋ ਕਿਛੁ ਕਰਣਾ ਸੋ ਕਰਿ ਰਹਿਆ ਬਖਸਣਹਾਰੈ ਬਖਸਿ ਲਇਆ ॥ ੧੦ ॥ ਜਿਨਿ ਏਹੁ ਚਾਖਿਆ ਰਾਮ ਰਸਾਇਣੁ ਤਿਨ ਕੀ ਸੰਗਤਿ ਖੋਜੁ ਭਇਆ ॥ ਰਿਧਿ ਸਿਧਿ ਬੁਧਿ ਗਿਆਨੁ ਗੁਰੂ ਤੇ ਪਾਇਆ ਮੁਕਤਿ ਪਦਾਰਥੁ ਸਰਣਿ ਪਇਆ ॥ ੧੧ ॥ ਦੁਖੁ ਸੁਖੁ ਗੁਰਮੁਖਿ ਸਮ ਕਰਿ ਜਾਣਾ ਹਰਖ ਸੋਗ ਤੇ ਬਿਰਕਤੁ ਭਇਆ ॥ਆਪੁ ਮਾਰਿ ਗੁਰਮੁਖਿ ਹਰਿ ਪਾਏ ਨਾਨਕ ਸਹਜਿ ਸਮਾਇ ਲਇਆ ॥ ੧੨ ॥ ੭ ॥ [ਪੰਨਾ ੯੦੬]

ਪਦ ਅਰਥ :—ਬਉਰੇ—ਹੇ ਕਮਲੇ ਜੀਵ । ਮਰਣੁ—ਮੌਤ । ਰਸ ਭੋਗ—ਰਸਾਂ ਦੇ ਭੋਗ । ਤੇਤਾ—ਉਤਨਾ ਹੀ । ਵਿਸਾਰਿ—ਭੁਲਾ ਕੇ । ਭਵਜਲਿ—ਭਵਜਲ ਵਿਚ, ਜਨਮ ਮਰਨ ਦੇ ਚੱਕਰ ਵਿਚ । ੧ ।

ਗਰਬਿ—ਅਹੰਕਾਰ ਵਿਚ । ਗਇਆ—ਫਸ ਗਿਆ । ਕਨਿਕ—ਸੋਨਾ । ਕਾਮਨੀ—ਇਸਤ੍ਰੀ । ਸਿਉ—ਨਾਲ । ਹੇਤੁ—ਮੋਹ । ਕੀ—ਕਿਉਂ ? ਭਰਮਿ—ਭਟਕਣਾ ਵਿਚ । ੧ । ਰਹਾਉ ।

ਸੰਜਮੁ—ਇੰਦ੍ਰਿਆਂ ਨੂੰ ਰੋਕਣ ਦਾ ਉੱਦਮ । ਸਤੁ—ਉੱਚਾ ਆਚਰਨ । ਜਤੁ—ਕਾਮ-ਵਾਸਨਾ ਵਲੋਂ ਬਚਾਉ । ਪ੍ਰੇਤ ਪਿੰਜਰ ਮਹਿ—(ਵਿਕਾਰਾਂ ਦੇ ਕਾਰਨ) ਅਪਵਿਤ੍ਰ ਹੋਏ

ਸਰੀਰ-ਪਿੰਜਰ ਵਿਚ । ਕਾਸਟੁ—ਲੱਕੜ, ਲੱਕੜ ਵਾਂਗ ਸੁੱਕਾ ਹੋਇਆ, ਕੁਰਖ਼ਤ, ਕੋਮਲ ਭਾਵਾਂ ਤੋਂ ਸੱਖਣਾ । ਬਾਦਿ—ਵਿਅਰਥ । ਜਇਆ—ਜਨਮਿਆ ।੨।

ਲਾਲਚਿ—ਲਾਲਚ ਵਿਚ । ਆਵਤ ਜਾਵਤ—ਮਾਇਆ ਦੀ ਖ਼ਾਤਰ ਦੌੜਦਿਆਂ ਭੱਜ-ਦਿਆਂ । ਗਇਆ—(ਵਿਅਰਥ) ਗਿਆ । ਜਾ—ਜਦੋਂ । ਧਾਇ—ਦੌੜ ਕੇ,ਦੌੜਿਆ ਆ ਕੇ । ਗਹਿ—ਫੜ ਕੇ । ਮੁਖਿ ਕਾਲ—ਕਾਲ ਦੇ ਮੂੰਹ ਵਿਚ । ੩ ।

ਅਹਿ—ਦਿਨ । ਨਿਸਿ—ਰਾਤ ।ਤਾਤਿ—ਈਰਖਾ, ਸਾੜਾ । ਸਰਬ—ਸਾਰੇ ਜੀਵਾਂ ਉਤੇ। ਗਤਿ—ਉੱਚੀ ਆਤਮਕ ਅਵਸਥਾ । ਪਤਿ—ਇੱਜ਼ਤ । ੪ ।

ਨਟੂਆ—ਸ੍ਵਾਂਗੀ, ਮਦਾਰੀ । ਜਿਉ—ਵਾਂਗ । ਗਲਤੁ—ਗ਼ਲਤਾਨ । ਇਤ ਉਤ—ਇਧਰ ਉਧਰ, ਹਰ ਪਾਸੇ । ੫ ।

ਵਿਥਾਰ—ਖਿਲਾਰੇ । ਘਨੇਰੇ—ਬਹੁਤ । ਭਰਮਿ—ਭਟਕਣਾ ਵਿਚ । ਗੁਰ ਮਤਿ—ਗੁਰੂ ਦੀ ਸਿੱਖਿਆ । ੬ ।

ਸੰਪਤਿ—ਧਨ । ਸਾਕਤ ਮਨਿ—ਸਾਕਤ ਦੇ ਮਨ ਵਿਚ, ਮਾਇਆ-ਵੇੜ੍ਹੇ ਜੀਵ ਦੇ ਮਨ ਵਿਚ । ਫਿਰਿ—ਮੁੜ । ਸਹਸਾ—ਸਹਿਮ । ੭ ।

ਅੰਤਿ ਕਾਲਿ—ਅਖ਼ੀਰਲੇ ਵੇਲੇ,ਉਸ ਸਮੇ ਜਦੋਂ ਉਮਰ ਦਾ ਅਖ਼ੀਰ ਹੋ ਜਾਂਦਾ ਹੈ। ਤਿਸਹਿ—ਉਸ ਪਰਮਾਤਮਾ ਦੀ ਹੀ । ਮਇਆ—ਦਇਆ । ਲੈ—ਲੈ ਕੇ । ੮ ।

ਕਿਸਹਿ—ਕਿਸ ਨੂੰ ? ਅਸਰਾਲ—ਡਰਾਉਣਾ (ਅਜ਼ਦਹਾ ਵਰਗਾ) । ਸਾਗਰ ਅਸਰਾਲਿ—ਡਰਾਉਣੇ ਸਾਗਰ ਵਿਚ। ਦੇਖਿ—ਵੇਖ ਕੇ। ਜੰਜਾਲਿ—ਜੰਜਾਲ ਵਿਚ । ਪਰਾਲਿ—ਪਰਾਲੀ (ਵਰਗਾ) ਨਿਕੰਮਾ । ੯ ।

ਤਿਨਹਿ—ਉਸ (ਪਰਮਾਤਮਾ) ਨੇ ਹੀ । ਪਠਾਏ—ਭੇਜੇ । ਤਿਨੈ—ਉਸੇ (ਹਰੀ) ਨੇ ਹੀ । ੧੦ ।

ਜਿਨਿ—ਜਿਸ (ਜਿਸ ਜੀਵ) ਨੇ । ਰਸਾਇਣੁ—ਰਸ-ਅਯਨੁ, ਰਸਾਂ ਦਾ ਘਰ, ਸਾਰੇ ਆਨੰਦ ਦੇਣ ਵਾਲਾ । ਖੋਜੁ—ਭੇਤ ਦੀ ਸਮਝ । ਰਿਧਿ ਸਿਧਿ—ਕਰਾਮਾਤੀ ਤਾਕਤਾਂ । ਤੇ-ਤੋਂ । ਮੁਕਤਿ ਪਦਾਰਥ—(ਨਾਮ ਦਾ) ਸਰਮਾਇਆ ਜੋ ਵਿਕਾਰਾਂ ਤੋਂ ਮਾਇਆ-ਮੋਹ ਤੋਂ ਖਲਾਸੀ ਦਿਵਾਂਦਾ ਹੈ । ੧੧ ।

ਸਮ—ਬਰਾਬਰ; ਇਕੋ ਜਿਹਾ । ਸੋਗ—ਚਿੰਤਾ, ਅਫ਼ਸੋਸ । ਬਿਰਕਤੁ—ਉਪਰਾਮ, ਨਿਰਲੇਪ । ਆਪੁ—ਆਪਾ-ਭਾਵ ਨੂੰ । ਮਾਰਿ—ਮਾਰ ਕੇ । ਸਹਜਿ—ਅਡੋਲ ਆਤਮਕ ਅਵਸਥਾ ਵਿਚ । ੧੨ ।

ਅਰਥ :-(ਹੇ ਜੀਵ !) ਆਪਣਾ ਸਰੀਰ ਤੇ ਧਨ ਵੇਖ ਵੇਖ ਕੇ ਤੂੰ ਅਹੰਕਾਰ ਵਿਚ ਆਇਆ ਰਹਿੰਦਾ ਹੈਂ । ਸੋਨੇ ਤੇ ਇਸਤ੍ਰੀ ਨਾਲ ਤੂੰ ਮੋਹ ਵਧਾਈ ਜਾ ਰਿਹਾ ਹੈਂ । ਤੂੰ ਕਿਉਂ

ਪਰਮਾਤਮਾ ਦਾ ਨਾਮ ਵਿਸਾਰ ਰਿਹਾ ਹੈਂ, ਤੇ, ਕਿਉਂ ਭਟਕਣਾ ਵਿਚ ਪੈ ਗਿਆ ਹੈ ?੧। ਰਹਾਉ ।

ਹੇ ਝੱਲੇ ਜੀਵ ! ਜਿਵੇਂ ਤੂੰ (ਜਗਤ ਵਿਚ) ਆਇਆ ਹੈਂ ਤਿਵੇਂ (ਇਥੋਂ) ਚਲਾ ਭੀ ਜਾਵੇਂਗਾ; ਜਿਵੇਂ ਤੈਨੂੰ ਜਨਮ ਮਿਲਿਆ ਹੈ ਤਿਵੇਂ ਮੌਤ ਭੀ ਹੋ ਜਾਇਗੀ (ਇਥੇ ਕਿਸੇ ਹਾਲਤ ਵਿਚ ਸਦਾ ਬੈਠ ਨਹੀਂ ਰਹਿਣਾ) । ਜਿਉਂ ਜਿਉਂ ਤੂੰ ਦੁਨੀਆ ਦੇ ਰਸਾਂ ਦੇ ਭੋਗ ਮਾਣਦਾ ਹੈਂ, ਤਿਉਂ ਤਿਉਂ ਉਤਨਾ ਹੀ (ਤੇਰੇ ਸਰੀਰ ਨੂੰ ਤੇ ਆਤਮਾ ਨੂੰ) ਦੁੱਖ-ਰੋਗ ਚੰਬੜ ਰਿਹਾ ਹੈ । (ਇਹਨਾਂ ਭੋਗਾਂ ਵਿਚ ਮਸਤ ਹੋ ਕੇ) ਪਰਮਾਤਮਾ ਦਾ ਨਾਮ ਵਿਸਾਰ ਕੇ ਤੂੰ ਜਨਮ ਮਰਨ ਦੇ ਚੱਕਰ ਵਿਚ ਪਿਆ ਸਮਝ । ੧ ।

(ਹੇ ਜੀਵ ! ਤੂੰ ਆਪਣੇ ਆਪ ਨੂੰ) ਕਾਮ-ਵਾਸਨਾ ਵਲੋਂ ਨਹੀਂ ਬਚਾਇਆ, ਤੂੰ ਉੱਚਾ ਆਚਰਨ ਨਹੀਂ ਬਣਾਇਆ,ਤੂੰ ਇੰਦ੍ਰਿਆਂ ਨੂੰ ਮੰਦੇ ਪਾਸੇ ਵਲੋਂ ਰੋਕਣ ਦਾ ਉੱਦਮ ਨਹੀਂ ਕੀਤਾ, ਤੂੰ ਮਿੱਠਾ ਸੁਭਾਉ ਨਹੀਂ ਬਣਾਇਆ । (ਵਿਕਾਰਾਂ ਦੇ ਕਾਰਨ) ਅਪਵਿਤ੍ਰ ਹੋਏ ਸਰੀਰ-ਪਿੰਜਰ ਵਿਚ ਤੂੰ ਲੱਕੜ (ਵਰਗਾ ਕੁਰਖ਼ਤ-ਦਿਲ) ਹੋ ਚੁਕਾ ਹੈਂ । ਤੇਰੇ ਅੰਦਰ ਨਾਂਹ ਦੂਜਿਆਂ ਦੀ ਭਲਾਈ ਦਾ ਖ਼ਿਆਲ, ਹੈ, ਨਾਂਹ ਦੂਜਿਆਂ ਦੀ ਸੇਵਾ ਦੀ ਤਾਂਘ ਹੈ, ਨਾਂਹ ਆਚਰਨਿਕ ਪਵਿਤ੍ਰਤਾ ਹੈ, ਨਾਂਹ ਕੋਈ ਬੰਧੇਜ ਹੈ।ਸਾਧ ਸੰਗਤਿ ਤੋਂ ਵਾਂਜਿਆ ਰਹਿ ਕੇ ਤੇਰਾ ਮਨੁੱਖਾ ਜਨਮ ਵਿਅਰਥ ਜਾ ਰਿਹਾ ਹੈ । ੨ ।

(ਹੇ ਜੀਵ !) ਤੂੰ ਮਾਇਆ ਦੇ ਲਾਲਚ ਵਿਚ ਲੱਗਾ ਪਿਆ ਹੈਂ, ਪਰਮਾਤਮਾ ਦਾ ਨਾਮ ਤੂੰ ਭੁਲਾ ਦਿੱਤਾ ਹੈ । ਮਾਇਆ ਦੀ ਖ਼ਾਤਰ ਦੌੜਦਿਆਂ ਭੱਜਦਿਆਂ ਤੇਰਾ ਜੀਵਨ (ਅਜਾਈਂ) ਜਾਂਦਾ ਹੈ । ਜਦੋਂ ਜਮ ਅਚਨਚੇਤ ਆ ਕੇ ਤੈਨੂੰ ਕੇਸਾਂ ਤੋਂ ਫੜ ਕੇ ਪਟਕਾ ਕੇ ਮਾਰੇਗਾ, ਕਾਲ ਦੇ ਮੂੰਹ ਵਿਚ ਪਹੁੰਚੇ ਹੋਏ ਨੂੰ ਤੈਨੂੰ (ਸਿਮਰਨ ਦੀ) ਸੁਰਤਿ ਨਹੀਂ ਆ ਸਕੇਗੀ । ੩ ।

ਦਿਨ ਰਾਤ ਤੂੰ ਪਰਾਈ ਨਿੰਦਾ ਕਰਦਾ ਹੈਂ ਦੂਜਿਆਂ ਨਾਲ ਈਰਖਾ ਕਰਦਾ ਹੈਂ ।ਤੇਰੇ ਹਿਰਦੇ ਵਿਚ ਨਾਂਹ ਪਰਮਾਤਮਾ ਦਾ ਨਾਮ ਹੈ ਤੇ ਨਾਂਹ ਸਭ ਜੀਵਾਂ ਵਾਸਤੇ ਦਇਆ-ਪਿਆਰ। ਗੁਰੂ ਦੇ ਸ਼ਬਦ ਤੋਂ ਬਿਨਾ ਨਾਂਹ ਤੂੰ ਉੱਚੀ ਆਤਮਕ ਅਵਸਥਾ ਹਾਸਲ ਕਰ ਸਕੇਂਗਾ ਨਾਂਹ ਹੀ (ਲੋਕ ਪਰਲੋਕ ਦੀ) ਇੱਜ਼ਤ । ਪਰਮਾਤਮਾ ਦੇ ਨਾਮ ਤੋਂ ਖੁੰਝ ਕੇ ਤੂੰ ਨਰਕ ਵਿਚ ਪਿਆ ਹੋਇਆ ਹੈਂ । ੪ ।

(ਹੇ ਜੀਵ ! ਮਾਇਆ ਦੀ ਖ਼ਾਤਰ) ਤੂੰ ਖਿਨ-ਪਲ ਵਿਚ ਸ੍ਵਾਂਗੀ ਵਾਂਗ ਕਈ ਰੂਪ ਧਾਰਦਾ ਹੈਂ । ਤੂੰ ਮੋਹ ਵਿਚ ਪਾਪਾਂ ਵਿਚ ਗ਼ਲਤਾਨ ਹੋਇਆ ਪਿਆ ਹੈਂ । ਹਰ ਪਾਸੇ ਮਾਇਆ ਦਾ ਖਿਲਾਰਾ ਵੇਖ ਕੇ ਤੂੰ ਮਾਇਆ ਦੇ ਮੋਹ ਵਿਚ ਮਸਤ ਹੋ ਰਿਹਾ ਹੈਂ । ੫ ।

(ਹੇ ਝੱਲੇ ਜੀਵ !) ਤੂੰ ਵਿਕਾਰਾਂ ਦੀ ਖ਼ਾਤਰ ਅਨੇਕਾਂ ਖਿਲਾਰੇ ਖਿਲਾਰਦਾ ਹੈਂ

ਗੁਰੂ ਦੇ ਸ਼ਬਦ ਦੀ ਲਗਨ ਤੋਂ ਬਿਨਾ ਤੂੰ (ਵਿਕਾਰਾਂ ਦੀ) ਭਟਕਣਾ ਵਿਚ ਭਟਕਦਾ ਹੈਂ। ਤੈਨੂੰ ਹਉਮੈ ਦਾ ਵੱਡਾ ਰੋਗ ਵੱਡਾ ਦੁੱਖ ਚੰਬੜਿਆ ਹੋਇਆ ਹੈ । ਜੇ ਤੂੰ ਚਾਹੁੰਦਾ ਹੈਂ ਇਹ ਰੋਗ ਦੂਰ ਹੋ ਜਾਏ ਤਾਂ ਗੁਰੂ ਦੀ ਸਿੱਖਿਆ ਲੈ । ੬ ।

ਮਾਇਆ-ਵੇੜ੍ਹਿਆ ਜੀਵ ਜਦੋਂ ਸੁਖਾਂ ਨੂੰ ਤੇ ਧਨ ਨੂੰ ਆਉਂਦਾ ਵੇਖਦਾ ਹੈ ਤਾਂ ਇਸ ਦੇ ਮਨ ਵਿਚ ਅਹੰਕਾਰ ਪੈਦਾ ਹੁੰਦਾ ਹੈ। ਪਰ ਜਿਸ ਪਰਮਾਤਮਾ ਦਾ ਦਿੱਤਾ ਹੋਇਆ ਇਹ ਸਰੀਰ ਤੇ ਧਨ ਹੈ ਉਹ ਮੁੜ ਮੋੜ ਲੈਂਦਾ ਹੈ। ਮਾਇਆ-ਵੇੜ੍ਹੇ ਜੀਵ ਨੂੰ ਸਦਾ ਇਹੀ ਸਹਿਮ ਦਾ ਰੋਗ ਖਾਈ ਜਾਂਦਾ ਹੈ। ੭।

(ਹੇ ਜੀਵ ! ਇਹ ਸਰੀਰ, ਇਹ ਧਨ, ਇਹ ਸੋਨਾ, ਇਹ ਇਸਤ੍ਰੀ) ਜੋ ਕੁਝ ਦਿੱਸ ਰਿਹਾ ਹੈ, ਇਹ ਸਭ ਕੁਝ ਉਸ ਪਰਮਾਤਮਾ ਦੀ ਮੇਹਰ ਸਦਕਾ ਮਿਲਿਆ ਹੋਇਆ ਹੈ, ਪਰ ਅੰਤ ਵੇਲੇ ਇਹਨਾਂ ਵਿਚੋਂ ਕੋਈ ਭੀ (ਕਿਸੇ ਦੇ) ਨਾਲ ਨਹੀਂ ਜਾ ਸਕਦਾ। (ਦੁਨੀਆ ਦੇ ਇਹ ਪਦਾਰਥ ਦੇਣ ਵਾਲਾ) ਉਹ ਪਰਮਾਤਮਾ ਸਾਰੇ ਜਗਤ ਦਾ ਮੂਲ ਹੈ, ਸਭ ਵਿਚ ਵਿਆਪਕ ਹੈ, ਬੇਅੰਤ ਹੈ। ਜੇਹੜਾ ਮਨੁੱਖ ਉਸ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਂਦਾ ਹੈ, ਉਹ (ਸੰਸਾਰ-ਸਮੁੰਦਰ ਦੀਆਂ ਮੋਹ ਦੀਆਂ ਲਹਿਰਾਂ ਵਿਚੋਂ) ਪਾਰ ਲੰਘ ਜਾਂਦਾ ਹੈ। ੮।

(ਹੇ ਸਾਕਤ ਜੀਵ ! ਮਰਨਾ ਤਾਂ ਸਭਨਾ ਨੇ ਹੈ, ਫਿਰ ਤੂੰ ਆਪਣੇ ਕਿਸੇ) ਮਰੇ ਸੰਬੰਧੀ ਨੂੰ ਰੋਂਦਾ ਹੈਂ ਤੇ (ਰੋ ਰੋ ਕੇ) ਕਿਸ ਨੂੰ ਸੁਣਾਂਦਾ ਹੈ? (ਪਰਮਾਤਮਾ ਦੀ ਯਾਦ ਤੋਂ ਖੁੰਝ ਕੇ) ਤੂੰ ਬੜੇ ਡਰਾਉਣੇ ਸੰਸਾਰ-ਸਮੁੰਦਰ ਵਿਚ ਗੋਤੇ ਖਾ ਰਿਹਾ ਹੈਂ ।

ਮਾਇਆ-ਵੇੜ੍ਹਿਆ ਜੀਵ ਆਪਣੇ ਪਰਵਾਰ ਨੂੰ, ਧਨ ਨੂੰ, ਸੋਹਣੇ ਘਰਾਂ ਨੂੰ ਵੇਖ ਵੇਖ ਕੇ ਨਿਕੰਮੇ ਜੰਜਾਲ ਵਿਚ ਫਸਿਆ ਪਿਆ ਹੈ। ੯।

ਅਸੀ ਜੀਵ ਜਦੋਂ ਸੰਸਾਰ ਵਿਚ ਆਉਂਦੇ ਹਾਂ ਤਾਂ ਉਸ ਪਰਮਾਤਮਾ ਨੇ ਹੀ ਸਾਨੂੰ ਭੇਜਿਆ ਹੁੰਦਾ ਹੈ, ਇਥੋਂ ਜਾਂਦੇ ਹਾਂ ਤਦੋਂ ਭੀ ਉਸੇ ਨੇ ਬੁਲਾ ਭੇਜਿਆ ਹੁੰਦਾ ਹੈ। ਜੋ ਕੁਝ ਉਹ ਪ੍ਰਭੂ ਕਰਨਾ ਚਾਹੁੰਦਾ ਹੈ ਉਹ ਕਰ ਰਿਹਾ ਹੈ। (ਅਸੀ ਜੀਵ ਉਸ ਦੀ ਰਜ਼ਾ ਨੂੰ ਭੁੱਲ ਜਾਂਦੇ ਹਾਂ, ਪਰ) ਉਹ ਬਖ਼ਸ਼ਣਹਾਰ ਹੈ ਉਹ ਬਖ਼ਸ਼ ਲੈਂਦਾ ਹੈ। ੧੦।

(ਹੇ ਜੀਵ !) ਪਰਮਾਤਮਾ ਦਾ ਨਾਮ ਸਾਰੇ ਆਨੰਦ ਰਸ ਦੇਣ ਵਾਲਾ ਹੈ, ਜਿਸ ਜਿਸ ਬੰਦੇ ਨੇ ਇਹ ਨਾਮ-ਰਸ ਚੱਖ ਲਿਆ ਹੈ ਉਹਨਾਂ ਦੀ ਸੰਗਤਿ ਵਿਚ ਰਿਹਾਂ ਇਸ ਭੇਤ ਦੀ ਸਮਝ ਆਉਂਦੀ ਹੈ। ਗੁਰੂ ਦੀ ਸਰਨ ਪੈ ਕੇ ਗੁਰੂ ਤੋਂ ਹੀ ਪਰਮਾਤਮਾ ਦਾ ਨਾਮ-ਪਦਾਰਥ ਮਿਲਦਾ ਹੈ, ਇਸ ਨਾਮ ਵਿਚ ਸਭ ਕਰਾਮਾਤੀ ਤਾਕਤਾਂ ਹਨ, ਉੱਚੀ ਅਕਲ ਹੈ, ਸਹੀ ਜੀਵਨ-ਰਾਹ ਦੀ ਸੂਝ ਹੈ, ਤੇ ਇਸ ਨਾਮ ਨਾਲ ਹੀ ਮਾਇਆ ਦਾ ਮੋਹ ਤੋਂ ਖਲਾਸੀ ਮਿਲਦੀ ਹੈ। ੧੧।

ਜੇਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਉਹ (ਵਾਪਰਦੇ) ਦੁੱਖ ਸੁਖ ਨੂੰ ਇਕੋ ਜਿਹਾ ਜਾਣਦਾ ਹੈ, ਉਹ ਖ਼ੁਸ਼ੀ ਗ਼ਮੀ ਤੋਂ ਨਿਰਲੇਪ ਰਹਿੰਦਾ ਹੈ। ਹੇ ਨਾਨਕ ! ਗੁਰੂ ਦੀ ਸਰਨ ਪਿਆ ਮਨੁੱਖ ਆਪਾ-ਭਾਵ ਮਾਰ ਕੇ ਪਰਮਾਤਮਾ ਨੂੰ ਮਿਲ ਪੈਂਦਾ ਹੈ ਤੇ ਅਡੋਲ ਆਤਮਕ ਅਵਸਥਾ ਵਿਚ ਰਹਿੰਦਾ ਹੈ। ੧੨। ੭।

ਰਾਮਕਲੀ ਦਖਣੀ ਮਹਲਾ ੧ ॥ ਜਤੁ ਸਤੁ ਸੰਜਮੁ ਸਾਚੁ ਦ੍ਰਿੜਾਇਆ ਸਾਚ ਸਬਦਿ ਰਸਿ ਲੀਣਾ ॥ ੧ ॥ ਮੇਰਾ ਗੁਰੁ ਦਇਆਲੁ ਸਦਾ ਰੰਗਿ ਲੀਣਾ ॥ ਅਹਿਨਿਸਿ ਰਹੈ ਏਕ ਲਿਵ ਲਾਗੀ ਸਾਚੇ ਦੇਖਿ ਪਤੀਣਾ ॥ ੧ ॥ ਰਹਾਉ ॥ ਰਹੈ ਗਗਨਪੁਰਿ ਦ੍ਰਿਸਟਿ ਸਮੈ ਸਰਿ ਅਨਹਤ ਸਬਦਿ ਰੰਗੀਣਾ ॥ ੨ ॥ ਸਤੁ ਬੰਧਿ ਕੁਪੀਨ ਭਰਿਪੁਰਿ ਲੀਣਾ ਜਿਹਵਾ ਰੰਗਿ ਰਸੀਣਾ ॥ ੩ ॥ ਮਿਲੈ ਗੁਰ ਸਾਚੇ ਜਿਨਿ ਰਚੁ ਰਾਚੇ ਕਿਰਤੁ ਵੀਚਾਰਿ ਪਤੀਣਾ॥੪॥ਏਕ ਮਹਿ ਸਰਬ ਸਰਬ ਮਹਿ ਏਕਾ ਏਹ ਸਤਿਗੁਰਿ ਦੇਖਿ ਦਿਖਾਈ ॥੫॥ ਜਿਨਿ ਕੀਏ ਖੰਡ ਮੰਡਲ ਬ੍ਰਹਮੰਡਾ ਸੋ ਪ੍ਰਭੁ ਲਖਨੁ ਨ ਜਾਈ ॥ ੬ ॥ ਦੀਪਕ ਤੇ ਦੀਪਕੁ ਪਰਗਾਸਿਆ ਤ੍ਰਿਭਵਣ ਜੋਤਿ ਦਿਖਾਈ ॥੭॥ ਸਚੈ ਤਖਤਿ ਸਚ ਮਹਲੀ ਬੈਠੇ ਨਿਰਭਉ ਤਾੜੀ ਲਾਈ॥ ੮ ॥ ਮੋਹਿ ਗਇਆ ਬੈਰਾਗੀ ਜੋਗੀ ਘਟਿ ਘਟਿ ਕਿੰਗੁਰੀ ਵਾਈ ॥ ੯ ॥ ਨਾਨਕ ਸਰਣਿ ਪ੍ਰਭੂ ਕੀ ਛੂਟੇ ਸਤਿਗੁਰ ਸਚੁ ਸਖਾਈ ॥ ੧੦॥ ੮ ॥ [ਪੰਨਾ ੯੦੭]

ਨੋਟ–ਇਹ ਅਸ਼ਟਪਦੀ ਦੱਖਣ ਵਿਚ ਗਾਈ ਜਾਣ ਵਾਲੀ ਰਾਮਕਲੀ ਵਿਚ ਹੈ।

ਪਦ ਅਰਥ :–ਸਾਚੁ–ਸਦਾ-ਥਿਰ ਪ੍ਰਭੂ। ਸਬਦਿ–ਸ਼ਬਦ ਦੀ ਰਾਹੀਂ, ਸਿਫ਼ਤਿ ਸਾਲਾਹ ਦੀ ਬਾਣੀ ਦੀ ਰਾਹੀਂ। ਸਾਚ ਰਸਿ–ਸਦਾ-ਥਿਰ ਪ੍ਰਭੂ ਦੇ ਨਾਮ-ਰਸ ਵਿਚ। ਲੀਣਾ–ਮਸਤ। ੧।

ਦਇਆਲੁ–ਦਇਆ ਦਾ ਸੋਮਾ। ਰੰਗਿ–ਰੰਗ ਵਿਚ, ਪ੍ਰੇਮ ਵਿਚ। ਅਹਿ–ਦਿਨ। ਨਿਸਿ–ਰਾਤ। ਦੇਖਿ–ਵੇਖ ਕੇ। ੧। ਰਹਾਉ।

ਗਗਨ–ਆਕਾਸ਼, ਚਿਤ- ਆਕਾਸ਼, ਦਸਮਦੁਆਰ, ਉੱਚੀ ਆਤਮਕ ਅਵਸਥਾ। ਗਗਨਪੁਰਿ–ਆਕਾਸ਼-ਮੰਡਲ ਵਿਚ, ਉੱਚੀ ਆਤਮਕ ਅਵਸਥਾ ਵਿਚ। ਸਮੈ–ਸਮ, ਇਕੋ ਜਿਹੀ। ਸਰਿ–ਬਰਾਬਰ। ਸਮੈ ਸਰਿ–ਇਕੋ ਜਿਹੀ। ਅਨਹਤ ਸਬਦਿ–ਉਸ ਸ਼ਬਦ (ਦੀ ਧੁਨ) ਵਿਚ ਜੋ ਇਕ-ਰਸ ਹੋ ਰਿਹਾ ਹੈ। ਅਨਹਤ–ਬਿਨਾ ਵਜਾਏ ਵੱਜਣ ਵਾਲਾ, ਇਕ-ਰਸ। ੨।

ਸਤੁ—ਉਚਾ ਆਚਰਨ। **ਬੰਧਿ**—ਬੰਨ੍ਹ ਕੇ। **ਕੁਪੀਨ**—ਲੰਗੋਟੀ। **ਭਰਿਪੁਰਿ**—ਸਰਬ-ਵਿਆਪਕ ਪ੍ਰਭੂ ਵਿਚ। **ਰਸੀਣਾ**—ਰਸੀ ਹੋਈ ਹੈ। ੩।

ਮਿਲੈ ਗੁਰ ਸਾਚੇ—ਸੱਚੇ ਗੁਰੂ ਨੂੰ ਮਿਲਿਆ ਹੋਇਆ ਹੈ। **ਜਿਨਿ**—ਜਿਸ (ਪਰਮਾਤਮਾ) ਨੇ। **ਰਚੁ ਰਾਚੇ**—ਜਗਤ-ਰਚਨਾ ਰਚੀ ਹੈ। **ਕਿਰਤੁ ਵੀਚਾਰਿ**—ਹਰੀ ਦੀ ਕਿਰਤ ਨੂੰ ਵਿਚਾਰ ਕੇ। ੪।

ਸਤਿਗੁਰਿ—ਸਤਿਗੁਰੂ ਨੇ। **ਦੇਖਿ**—(ਆਪ) ਵੇਖ ਕੇ। ੫।

ਜਿਨਿ—ਜਿਸ (ਪ੍ਰਭੂ) ਨੇ। **ਲਖਨੁ ਨ ਜਾਈ**—ਬਿਆਨ ਨਹੀਂ ਕੀਤਾ ਜਾ ਸਕਦਾ। ੬।

ਦੀਪਕ ਤੇ—ਦੀਵੇ ਤੋਂ। **ਤ੍ਰਿਭਵਣ**—ਤਿੰਨਾਂ ਭਵਨਾਂ ਵਿਚ। ੭।

ਤਖਤਿ—ਤਖ਼ਤ ਉਤੇ। **ਨਿਰਭਉ ਤਾੜੀ**—ਨਿਡਰਤਾ ਦੀ ਤਾੜੀ। ੮।

ਮੋਹਿ ਗਇਆ—(ਸਾਨੂੰ) ਮੋਹ ਲਿਆ ਹੈ। **ਕਿੰਗੁਰੀ ਵਾਈ**—ਕਿੰਗੁਰੀ ਵਜਾ ਦਿੱਤੀ ਹੈ, ਜ਼ਿੰਦਗੀ ਦੀ ਰੌ ਚਲਾ ਦਿੱਤੀ ਹੈ। ੯।

ਸਖਾਈ—ਸਾਖੀ, ਮਿੱਤਰ। **ਸਤਿਗੁਰ ਸਖਾਈ**—ਗੁਰੂ ਦਾ ਮਿੱਤਰ। ੧੦।

ਅਰਥ :—ਮੇਰਾ ਗੁਰੂ ਦਇਆ ਦਾ ਘਰ ਹੈ, ਉਹ ਸਦਾ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ। (ਮੇਰੇ ਗੁਰੂ ਦੀ) ਸੁਰਤਿ ਦਿਨ ਰਾਤ ਇਕ ਪਰਮਾਤਮਾ (ਦੇ ਚਰਨਾਂ) ਵਿਚ ਲੱਗੀ ਰਹਿੰਦੀ ਹੈ, (ਮੇਰਾ ਗੁਰੂ) ਸਦਾ-ਥਿਰ ਪਰਮਾਤਮਾ ਦਾ (ਹਰ ਥਾਂ) ਦੀਦਾਰ ਕਰ ਕੇ (ਉਸ ਦੀਦਾਰ ਵਿਚ) ਮਸਤ ਰਹਿੰਦਾ ਹੈ। ੧। ਰਹਾਉ।

(ਮੇਰਾ ਗੁਰੂ) ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਦੀ ਰਾਹੀਂ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ-ਰਸ ਵਿਚ ਲੀਨ ਰਹਿੰਦਾ ਹੈ ਮੇਰੇ ਗੁਰੂ ਨੇ ਮੈਨੂੰ ਇਹ ਯਕੀਨ ਕਰਾ ਦਿੱਤਾ ਹੈ ਕਿ ਕਾਮ-ਵਾਸਨਾ ਤੋਂ ਬਚੇ ਰਹਿਣਾ, ਉੱਚਾ ਆਚਰਨ, ਇੰਦ੍ਰਿਆਂ ਨੂੰ ਵਿਕਾਰਾਂ ਵਲੋਂ ਰੋਕਣਾ, ਤੇ ਸਦਾ-ਥਿਰ ਪ੍ਰਭੂ ਦਾ ਸਿਮਰਨ—ਇਹੀ ਹੈ ਸਹੀ ਜੀਵਨ। ੧।

(ਮੇਰਾ ਗੁਰੂ) ਸਦਾ ਉੱਚੀ ਅਡੋਲ ਆਤਮਕ ਅਸਵਥਾ ਵਿਚ ਟਿਕਿਆ ਰਹਿੰਦਾ ਹੈ, (ਮੇਰੇ ਗੁਰੂ ਦੀ) (ਪਿਆਰ-ਭਰੀ) ਨਿਗਾਹ (ਸਭ ਵਲ) ਇਕੋ ਜਿਹੀ ਹੈ। (ਮੇਰਾ ਗੁਰੂ) ਉਸ ਸ਼ਬਦ ਵਿਚ ਰੰਗਿਆ ਹੋਇਆ ਹੈ ਜਿਸ ਦੀ ਧੁਨਿ ਉਸ ਦੇ ਅੰਦਰ ਇਕ-ਰਸ ਹੋ ਰਹੀ ਹੈ। ੨।

ਉੱਚਾ ਆਚਰਨ (-ਰੂਪ) ਲੰਗੋਟ ਬੰਨ੍ਹ ਕੇ (ਮੇਰਾ ਗੁਰੂ) ਸਰਬ-ਵਿਆਪਕ ਪਰ-ਮਾਤਮਾ (ਦੀ ਯਾਦ) ਵਿਚ ਲੀਨ ਰਹਿੰਦਾ ਹੈ, ਉਸ ਦੀ ਜੀਭ (ਪ੍ਰਭੂ ਦੇ) ਪ੍ਰੇਮ ਵਿਚ ਰਸੀ ਰਹਿੰਦੀ ਹੈ। ੩।

ਕਦੇ ਉਕਾਈ ਨਾਂਹ ਖਾਣ ਵਾਲੇ (ਮੇਰੇ) ਗੁਰੂ ਨੂੰ ਉਹ ਪਰਮਾਤਮਾ ਸਦਾ ਮਿਲਿਆ ਰਹਿੰਦਾ ਹੈ ਜਿਸ ਨੇ ਜਗਤ-ਰਚਨਾ ਰਚੀ ਹੈ, ਉਸ ਦੀ ਜਗਤ-ਕਿਰਤ ਨੂੰ ਵੇਖ ਵੇਖ ਕੇ (ਮੇਰਾ ਗੁਰੂ ਉਸ ਦੀ ਸਰਬ-ਸਮਰੱਥਾ ਵਿਚ) ਨਿਸ਼ਚਾ ਰੱਖਦਾ ਹੈ। ੪।

ਸ੍ਰਿਸ਼ਟੀ ਦੇ ਸਾਰੇ ਹੀ ਜੀਵ ਇਕ ਪਰਮਾਤਮਾ ਵਿਚ ਹਨ (ਭਾਵ, ਇਕ ਪ੍ਰਭੂ ਹੀ ਸਭ ਦੀ ਜ਼ਿੰਦਗੀ ਦਾ ਆਧਾਰ ਹੈ), ਸਾਰੇ ਜੀਵਾਂ ਵਿਚ ਇਕ ਪਰਮਾਤਮਾ ਵਿਆਪਕ ਹੈ— ਇਹ ਕੌਤਕ (ਮੇਰੇ) ਗੁਰੂ ਨੇ (ਆਪ) ਵੇਖ ਕੇ (ਮੈਨੂੰ) ਵਿਖਾ ਦਿੱਤਾ ਹੈ। ੫।

(ਮੇਰੇ ਗੁਰੂ ਨੇ ਹੀ ਮੈਨੂੰ ਦੱਸਿਆ ਹੈ ਕਿ) ਜਿਸ ਪ੍ਰਭੂ ਨੇ ਸਾਰੇ ਖੰਡ ਮੰਡਲ ਬ੍ਰਹਿਮੰਡ ਬਣਾਏ ਹਨ ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ੬।

(ਗੁਰੂ ਨੇ ਆਪਣੀ ਰੌਸ਼ਨ ਜੋਤਿ ਦੇ) ਦੀਵੇ ਤੋਂ (ਮੇਰੇ ਅੰਦਰ) ਦੀਵਾ ਜਗਾ ਦਿੱਤਾ ਹੈ ਤੇ ਮੈਨੂੰ ਉਹ (ਰੱਬੀ) ਜੋਤਿ ਵਿਖਾ ਦਿੱਤੀ ਹੈ, ਜੋ ਤਿੰਨਾਂ ਭਵਨਾਂ ਵਿਚ ਮੌਜੂਦ ਹੈ।੭।

(ਮੇਰਾ ਗੁਰੂ ਇਕ ਐਸਾ ਨਾਥਾਂ ਦਾ ਭੀ ਨਾਥ ਹੈ ਜੋ) ਸਦਾ ਅਟੱਲ ਰਹਿਣ ਵਾਲੇ ਅਡੋਲਤਾ ਦੇ ਤਖ਼ਤ ਉਤੇ ਬੈਠਾ ਹੋਇਆ ਹੈ ਜੋ ਸਦਾ ਥਿਰ ਰਹਿਣ ਵਾਲੇ ਮਹਿਲ ਵਿਚ ਬੈਠਾ ਹੋਇਆ ਹੈ, (ਉਥੇ ਆਸਣ ਜਮਾਈ) ਬੈਠੇ (ਮੇਰੇ ਗੁਰੂ-ਜੋਗੀ) ਨੇ ਨਿਡਰਤਾ ਦੀ ਸਮਾਧੀ ਲਈ ਹੋਈ ਹੈ। ੮।

ਮਾਇਆ ਤੋਂ ਨਿਰਲੇਪ ਮੇਰੇ ਜੋਗੀ ਗੁਰੂ ਨੇ (ਸਾਰੇ ਸੰਸਾਰ ਨੂੰ) ਮੋਹ ਲਿਆ ਹੈ, ਉਸ ਨੇ ਹਰੇਕ ਦੇ ਅੰਦਰ (ਆਤਮਕ ਜੀਵਨ ਦੀ ਰੌ) ਕਿੰਗੁਰੀ ਵਜਾ ਦਿੱਤੀ ਹੈ। ੯।

ਹੇ ਨਾਨਕ ! ਸਦਾ ਥਿਰ ਰਹਿਣ ਵਾਲਾ ਪਰਮਾਤਮਾ (ਮੇਰੇ) ਗੁਰੂ ਦਾ ਮਿੱਤਰ ਹੈ, ਗੁਰੂ ਦੀ ਰਾਹੀਂ ਪ੍ਰਭੂ ਦੀ ਸਰਨ ਪੈ ਕੇ ਜੀਵ (ਮਾਇਆ ਦੇ ਮੋਹ ਤੋਂ) ਬਚ ਜਾਂਦੇ ਹਨ। ੧੦। ੮।

ਰਾਮਕਲੀ ਮਹਲਾ ੧॥ਅਉਹਠਿ ਹਸਤ ਮੜੀ ਘਰੁ ਛਾਇਆ ਧਰਣਿ ਗਗਨ ਕਲ ਧਾਰੀ ॥੧॥ ਗੁਰਮੁਖਿ ਕੇਤੀ ਸਬਦਿ ਉਧਾਰੀ ਸੰਤਹੁ ॥੧॥ ਰਹਾਉ ॥ ਮਮਤਾ ਮਾਰਿ ਹਉਮੈ ਸੋਖੈ ਤ੍ਰਿਭਵਣਿ ਜੋਤਿ ਤੁਮਾਰੀ ॥ ੨ ॥ ਮਨਸਾ ਮਾਰਿ ਮਨੈ ਮਹਿ ਰਾਖੈ ਸਤਿਗੁਰ ਸਬਦਿ ਵੀਚਾਰੀ ॥ ੩ ॥ ਸਿੰਙੀ ਸੁਰਤਿ ਅਨਾਹਦਿ ਵਾਜੈ ਘਟਿ ਘਟਿ ਜੋਤਿ ਤੁਮਾਰੀ ॥ ੪ ॥ ਪਰਪੰਚ ਬੇਣੁ ਤਹੀ ਮਨੁ ਰਾਖਿਆ ਬ੍ਰਹਮ ਅਗਨਿ ਪਰਜਾਰੀ ॥ ੫ ॥ ਪੰਚ ਤਤੁ ਮਿਲਿ ਅਹਿਨਿਸਿ ਦੀਪਕੁ ਨਿਰਮਲ ਜੋਤਿ ਅਪਾਰੀ ॥ ੬ ॥ ਰਵਿ ਸਸਿ ਲਉਕੇ ਇਹੁ ਤਨੁ ਕਿੰਗੁਰੀ ਵਾਜੈ ਸਬਦੁ ਨਿਰਾਰੀ ॥ ੭ ॥ ਸਿਵ ਨਗਰੀ ਮਹਿ ਆਸਣੁ ਅਉਧੂ ਅਲਖੁ ਅਗੰਮੁ ਅਪਾਰੀ ॥ ੮ ॥ ਕਾਇਆ ਨਗਰੀ ਇਹੁ

ਮਨੁ ਰਾਜਾ ਪੰਚ ਵਸਹਿ ਵੀਚਾਰੀ ॥੯॥ ਸਬਦਿ ਰਵੈ ਆਸਣਿ ਘਰਿ ਰਾਜਾ ਅਦਲੁ ਕਰੇ ਗੁਣਕਾਰੀ ॥੧੦॥ ਕਾਲੁ ਬਿਕਾਲੁ ਰਹੇ ਕਹਿ ਬਪੁਰੇ ਜੀਵਤ ਮੂਆ ਮਨੁ ਮਾਰੀ ॥੧੧॥ ਬ੍ਰਹਮਾ ਬਿਸਨੁ ਮਹੇਸ ਇਕ ਮੂਰਤਿ ਆਪੇ ਕਰਤਾ ਕਾਰੀ ॥੧੨॥ ਕਾਇਆ ਸੋਧਿ ਤਰੈ ਭਵਸਾਗਰੁ ਆਤਮ ਤਤੁ ਵੀਚਾਰੀ ॥੧੩॥ ਗੁਰ ਸੇਵਾ ਤੇ ਸਦਾ ਸੁਖੁ ਪਾਇਆ ਅੰਤਰਿ ਸਬਦੁ ਰਵਿਆ ਗੁਣਕਾਰੀ ॥ ੧੪ ॥ ਆਪੇ ਮੇਲਿ ਲਏ ਗੁਣਦਾਤਾ ਹਉਮੈ ਤ੍ਰਿਸਨਾ ਮਾਰੀ ॥੧੫॥ ਤ੍ਰੈ ਗੁਣ ਮੇਟੇ ਚਉਥੈ ਵਰਤੈ ਏਹਾ ਭਗਤਿ ਨਿਰਾਰੀ ॥੧੬॥ ਗੁਰਮੁਖਿ ਜੋਗ ਸਬਦਿ ਆਤਮੁ ਚੀਨੈ ਹਿਰਦੈ ਏਕੁ ਮੁਰਾਰੀ ॥੧੭॥ ਮਨੂਆ ਅਸਥਿਰੁ ਸਬਦੇ ਰਾਤਾ ਏਹਾ ਕਰਣੀ ਸਾਰੀ ॥੧੮॥ ਬੇਦੁ ਬਾਦੁ ਨ ਪਾਖੰਡੁ ਅਉਧੂ ਗੁਰਮੁਖਿ ਸਬਦਿ ਬੀਚਾਰੀ ॥੧੯॥ ਗੁਰਮੁਖਿ ਜੋਗੁ ਕਮਾਵੈ ਅਉਧੂ ਜਤੁ ਸਤੁ ਸਬਦਿ ਵੀਚਾਰੀ ॥੨੦॥ ਸਬਦਿ ਮਰੈ ਮਨੁ ਮਾਰੇ ਅਉਧੂ ਜੋਗ ਜੁਗਤਿ ਵੀਚਾਰੀ ॥੨੧॥ ਮਾਇਆ ਮੋਹੁ ਭਵਜਲੁ ਹੈ ਅਵਧੂ ਸਬਦਿ ਤਰੈ ਕੁਲ ਤਾਰੀ ॥੨੨॥ ਸਬਦਿ ਸੂਰ ਜੁਗ ਚਾਰੇ ਅਉਧੂ ਬਾਣੀ ਭਗਤਿ ਵੀਚਾਰੀ ॥ ੨੩ ॥ ਏਹੁ ਮਨੁ ਮਾਇਆ ਮੋਹਿਆ ਅਉਧੂ ਨਿਕਸੈ ਸਬਦਿ ਵੀਚਾਰੀ ॥੨੪॥ ਆਪੇ ਬਖਸੇ ਮੇਲਿ ਮਿਲਾਏ ਨਾਨਕ ਸਰਣਿ ਤੁਮਾਰੀ ॥੨੫॥੯॥ [ਪੰਨਾ ੯੦੭]

ਪਦ ਅਰਥ :—ਅਉਹਠਿ—ਹਿਰਦੇ ਵਿਚ । ਅਉਹਠ—[अवघट्ट] ਹਿਰਦਾ । ਹਸਤ—[स्थ] ਟਿਕਿਆ ਹੋਇਆ । ਅਉਹਠਿ-ਹਸਤ—[अवघट्टस्थ] ਹਿਰਦੇ ਵਿਚ ਟਿਕਿਆ ਹੋਇਆ । ਮੜੀ—ਸਰੀਰ । ਛਾਇਆ—ਬਣਾਇਆ । ਧਰਣਿ—ਧਰਤੀ । ਕਲ—ਸੱਤਿਆ । ਧਾਰੀ—ਧਾਰਨ ਵਾਲਾ, ਆਸਰਾ ਦੇਣ ਵਾਲਾ । ੧ ।

ਕੇਤੀ—ਬੇਅੰਤ ਲੁਕਾਈ । ਉਧਾਰੀ—(ਪਰਮਾਤਮਾ ਨੇ ਹਉਮੈ ਮਮਤਾ ਆਦਿਕ ਤੋਂ) ਬਚਾਈ । ੧ । ਰਹਾਉ ।

ਸੋਖੈ—ਸੁਕਾ ਦੇਂਦਾ ਹੈ । ਤ੍ਰਿਭਵਣਿ—ਤਿੰਨ ਭਵਨਾਂ ਵਾਲੇ ਸੰਸਾਰ ਵਿਚ । ੨ ।

ਮਨਸਾ—ਮਨ ਦਾ (ਮਾਇਕ) ਫੁਰਨਾ । ਮਾਰਿ—ਮਾਰ ਕੇ । ਮਨੈ ਮਹਿ—ਮਨ ਹੀ ਮਹਿ, ਮਨ ਵਿਚ ਹੀ । ਸ਼ਬਦਿ—ਸ਼ਬਦ ਦੀ ਰਾਹੀਂ । ਵੀਚਾਰੀ—ਵਿਚਾਰਵਾਨ । ੩ ।

ਸਿੰਙੀ—ਸਿੰਙ ਦੀ ਸ਼ਕਲ ਦੀ ਛੋਟੀ ਜਿਹੀ ਤੂਤੀ ਸੋ ਜੋਗੀ ਲੋਕ ਸਦਾ ਆਪਣੇ ਪਾਸ ਰੱਖਦੇ ਹਨ । ਅਨਾਹਦਿ—[अन आहत] ਨਾਸ-ਰਹਿਤ ਪਰਮਾਤਮਾ ਵਿਚ । ਘਟਿ ਘਟਿ—ਹਰੇਕ ਘਟ ਵਿਚ । ੪ ।

ਪਰਪੰਚ—ਜਗਤ-ਰਚਨਾ । ਬੇਣੁ—ਬੀਣਾ । ਪਰਪੰਚ ਬੇਣੁ—ਉਹ ਪਰਮਾਤਮਾ ਜਿਸ

ਵਿਚ ਜਗਤ-ਰਚਨਾ ਦੀ ਬਾਨੀ ਸਦਾ ਵੱਜ ਰਹੀ ਹੈ। ਤਹ-[ਨੋਟ ! ਲਫ਼ਜ਼ 'ਤਹ' ਦੱਸਦਾ ਹੈ ਕਿ ਲਫ਼ਜ਼ 'ਪਰਪੰਚਬੇਨੁ' ਦੇ ਨਾਲ ਲਫ਼ਜ਼ 'ਜਹ' ਵਰਤਣਾ ਹੈ]ਉਥੇ, ਉਸ ਪਰਮਾਤਮਾ ਵਿਚ। ਬ੍ਰਹਮ ਅਗਨਿ-ਰੱਬੀ ਤੇਜ, ਪਰਮਾਤਮਾ ਦੀ ਪ੍ਰਕਾਸ਼-ਰੂਪ ਅੱਗ। ਪਰਜਾਰੀ-ਚੰਗੀ ਤਰ੍ਹਾਂ ਬਾਲੀ ਹੋਈ। ੫।

ਪੰਚ ਤਤੁ-ਪੰਜ ਤੱਤਾਂ ਤੋਂ ਬਣਿਆ ਹੋਇਆ ਸਰੀਰ। ਪੰਚ-ਤਤੁ ਮਿਲਿ-ਪੰਜ-ਤੱਤੀ ਸਰੀਰ ਪ੍ਰਾਪਤ ਕਰ ਕੇ। ਅਹਿ-ਦਿਨ। ਨਿਸਿ-ਰਾਤ। ਦੀਪਕੁ-ਦੀਵਾ। ੬।

ਰਵਿ-ਸੂਰਜ, ਇੜਾ ਨਾੜੀ। ਸਸਿ-ਚੰਦ੍ਰਮਾ, ਪਿੰਗਲਾ ਨਾੜੀ, ਖੱਬੀ ਸੁਰ। ਲਉਕਾ-ਤੂੰਬਾ (ਕਿੰਗੁਰੀ ਦਾ)। ਨਿਰਾਰੀ-ਨਿਰਾਲਾ, ਅਨੋਖਾ, ਅਸਚਰਜ।੭।

ਸਿਵ ਨਗਰੀ-ਸ਼ਿਵ ਦੀ ਨਗਰੀ ਵਿਚ, ਕੱਲਿਆਣ-ਸਰੂਪ ਪਰਮਾਤਮਾ ਦੇ ਦੇਸ ਵਿਚ। ਅਉਧੂ-ਹੇ ਜੋਗੀ ! ਅਗੰਮੁ-ਅਪਹੁੰਚ ਪ੍ਰਭੂ। ੮।

ਰਾਜਾ-ਕਾਮਾਦਿਕਾਂ ਨੂੰ ਵੱਸ ਕਰ ਸਕਣ ਦੇ ਸਮਰੱਥ। ਪੰਚ-ਪੰਜ ਗਿਆਨ-ਇੰਦ੍ਰੇ। ਵੀਚਾਰੀ-ਵਿਚਾਰ -ਵਾਨ (ਹੋ ਕੇ)। ੯।

ਰਵੈ-ਸਿਮਰਦਾ ਹੈ। ਆਸਣਿ-(ਅਡੋਲਤਾ ਦੇ) ਆਸਣ ਉਤੇ। ਘਰਿ-ਘਰ ਵਿਚ, ਹਿਰਦੇ ਵਿਚ, ਅੰਤਰ ਆਤਮੇ (ਟਿਕ ਕੇ)। ਗੁਣਕਾਰੀ-(ਦੂਜਿਆਂ ਨੂੰ) ਗੁਣ ਦੇਣ ਵਾਲਾ, ਪਰਉਪਕਾਰੀ। ਅਦਲੁ-ਨਿਆਂ। ੧੦।

ਬਿਕਾਲੁ-ਜਨਮ। ਕਾਲੁ ਬਿਕਾਲੁ-ਜਨਮ ਮਰਨ। ਕਹਿ-ਕੀਹ ? ਮਾਰੀ-ਮਾਰਿ, ਮਾਰ ਕੇ। ਬਪੁਹੋ-ਵਿਚਾਰੇ। ੧੧।

ਮਹੇਸ-ਸ਼ਿਵ। ਇਕ ਮੂਰਤਿ-ਇਕ ਪਰਮਾਤਮਾ ਦਾ ਹੀ ਰੂਪ। ੧੨।

ਸੋਧਿ-ਸੋਧ ਕੇ, ਸੁੱਧ ਕਰ ਕੇ। ਆਤਮ ਤਤੁ-ਆਤਮਾ ਦਾ ਮੂਲ ਪਰਮਾਤਮਾ। ੧੩।

ਅੰਤਰਿ-ਅੰਦਰ, ਹਿਰਦੇ ਵਿਚ। ਰਵਿਆ-ਚੇਤੇ ਰੱਖਿਆ, ਮੁੜ ਮੁੜ ਵਸਾਇਆ। ਗੁਣਕਾਰੀ-ਆਤਮਕ ਗੁਣ ਦੇਣ ਵਾਲਾ। ੧੪।

ਮਾਰੀ-ਮਾਰਿ, ਮਾਰ ਕੇ। ੧੫।

ਚਉਥੈ-ਚੌਥੇ ਦਰਜੇ ਵਿਚ, ਉਸ ਆਤਮਕ ਅਵਸਥਾ ਵਿਚ ਜਿਥੇ ਮਾਇਆ ਦੇ ਤਿੰਨ ਗੁਣ ਪੋਹ ਨਹੀਂ ਸਕਦੇ। ੧੬।

ਜੋਗ ਸਬਦਿ-ਸ਼ਬਦ-ਰੂਪ ਜੋਗ ਦੀ ਰਾਹੀਂ। ਚੀਨੈ-ਪਛਾਣਦਾ ਹੈ। ੧੭।

ਸੋਬਦੇ-ਸਬਦਿ ਹੀ, ਸ਼ਬਦ ਵਿਚ ਹੀ। ਸਾਰੀ-ਸ੍ਰੇਸ਼ਟ। ਕਰਣੀ-[क्रणीय] ਕਰਨ-ਜੋਗ ਕਾਰ। ੧੮।

ਬਾਦੁ—ਝਗੜਾ, ਚਰਚਾ । ਸਬਦਿ—ਸ਼ਬਦ ਦੀ ਰਾਹੀਂ । ਬੀਚਾਰੀ—ਵਿਚਾਰਵਾਨ ।੧੯।

ਗੁਰਮੁਖਿ—ਉਹ ਮਨੁੱਖ ਜੋ ਗੁਰੂ ਦੇ ਸਨਮੁਖ ਹੈ। ੨੦।

ਮਰੈ—ਵਿਕਾਰਾਂ ਵਲੋਂ ਮਰਦਾ ਹੈ, ਅਜੇਹੀ ਆਤਮਕ ਅਵਸਥਾ ਵਿਚ ਪਹੁੰਚਦਾ ਹੈ ਜਿਥੇ ਵਿਕਾਰ ਪੋਹ ਨਹੀਂ ਸਕਦੇ। ਵੀਚਾਰੀ—ਵਿਚਾਰ ਲਈ ਹੈ, ਸਮਝ ਲਈ ਹੈ।੨੧।

ਭਵਜਲੁ—ਸੰਸਾਰ-ਸਮੁੰਦਰ, ਘੁੰਮਣ-ਘੇਰੀ। ੨੨।

ਸੂਰ—ਸੂਰਮੇ। ਬਾਣੀ—ਬਚਨ । ਭਗਤਿ ਵੀਚਾਰੀ—ਭਗਤੀ ਦੀ ਵਿਚਾਰ ਵਾਲੇ। ੨੩।

ਨਿਕਸੈ—ਨਿਕਲਦਾ ਹੈ। ਵੀਚਾਰੀ—ਵਿਚਾਰਵਾਨ ਹੋ ਕੇ। ੨੪।

ਮੇਲਿ—ਮੇਲ ਵਿਚ, ਸੰਗਤਿ ਵਿਚ। ੨੫।

ਅਰਥ :—ਹੇ ਸੰਤ ਜਨੋ ! ਗੁਰੂ ਦੇ ਸਨਮੁਖ ਕਰ ਕੇ ਗੁਰੂ ਦੇ ਸ਼ਬਦ ਵਿਚ ਜੋੜ ਕੇ ਪਰਮਾਤਮਾ ਬੇਅੰਤ ਲੁਕਾਈ ਨੂੰ (ਹਉਮੈ ਮਮਤਾ ਕਾਮਾਦਿਕ ਤੋਂ) ਬਚਾਂਦਾ (ਚਲਿਆ ਆ ਰਿਹਾ) ਹੈ। ੧। ਰਹਾਉ।

ਧਰਤੀ ਅਕਾਸ਼ ਨੂੰ ਆਪਣੀ ਸੱਤਿਆ ਨਾਲ ਟਿਕਾ ਰੱਖਣ ਵਾਲਾ ਪਰਮਾਤਮਾ (ਜਿਸ ਜੀਵ ਨੂੰ ਮਾਇਆ-ਮੋਹ ਆਦਿਕ ਤੋਂ ਬਚਾਂਦਾ ਹੈ ਉਸ ਦੇ) ਹਿਰਦੇ ਵਿਚ ਟਿਕ ਕੇ ਉਸ ਦੇ ਸਰੀਰ ਨੂੰ ਆਪਣੇ ਰਹਿਣ ਲਈ ਘਰ ਬਣਾ ਲੈਂਦਾ ਹੈ (ਭਾਵ, ਉਸ ਦੇ ਅੰਦਰ ਆਪਣਾ ਆਪ ਪਰਗਟ ਕਰਦਾ ਹੈ)। ੧।

ਹੇ ਪ੍ਰਭੂ ! (ਗੁਰੂ ਦੀ ਰਾਹੀਂ ਜਿਸ ਮਨੁੱਖ ਦਾ ਤੂੰ ਉੱਧਾਰ ਕਰਦਾ ਹੈਂ) ਉਹ ਅਪਣੱਤ ਨੂੰ (ਆਪਣੇ ਅੰਦਰੋਂ) ਮਾਰ ਕੇ ਹਉਮੈ ਨੂੰ ਭੀ ਮੁਕਾ ਲੈਂਦਾ ਹੈ, ਤੇ ਉਸ ਨੂੰ ਇਸ ਤ੍ਰਿ-ਭਵਨੀ ਜਗਤ ਵਿਚ ਤੇਰੀ ਹੀ ਜੋਤਿ ਨਜ਼ਰੀਂ ਆਉਂਦੀ ਹੈ। ੨।

(ਹੇ ਪ੍ਰਭੂ ! ਜਿਸ ਜੀਵ ਨੂੰ ਤੂੰ ਤਾਰਦਾ ਹੈਂ)ਉਹ ਗੁਰੂ ਦੇ ਸ਼ਬਦ ਦੀ ਰਾਹੀਂ ਉੱਚੀ ਵਿਚਾਰ ਦਾ ਮਾਲਕ ਹੋ ਕੇ ਆਪਣੇ ਮਨ ਦੇ ਮਾਇਕ ਫੁਰਨਿਆਂ ਨੂੰ ਮੁਕਾ ਕੇ (ਤੇਰੀ ਯਾਦ ਨੂੰ) ਆਪਣੇ ਮਨ ਵਿਚ ਟਿਕਾਂਦਾ ਹੈ। ੩।

(ਹੇ ਪ੍ਰਭੂ ! ਜਿਸ ਉਤੇ ਤੇਰੀ ਮੇਹਰ ਹੁੰਦੀ ਹੈ ਉਹ ਹੈ ਅਸਲ ਜੋਗੀ, ਉਸ ਦੀ) ਸੁਰਤਿ ਤੇਰੇ ਨਾਸ-ਰਹਿਤ ਸਰੂਪ ਵਿਚ ਟਿਕਦੀ ਹੈ (ਇਹ, ਮਾਨੋ, ਉਸ ਦੇ ਅੰਦਰ ਜੋਗੀ ਵਾਲੀ) ਸਿੰਙੀ ਵੱਜਦੀ ਹੈ, ਉਸ ਨੂੰ ਹਰੇਕ ਸਰੀਰ ਵਿਚ ਤੇਰੀ ਹੀ ਜੋਤਿ ਦਿੱਸਦੀ ਹੈ (ਉਹ ਕਿਸੇ ਨੂੰ ਤਿਆਗ ਕੇ ਜੰਗਲੀਂ ਪਹਾੜੀਂ ਨਹੀਂ ਭਟਕਦਾ)। ੪।

(ਗੁਰੂ ਦੇ ਸ਼ਬਦ ਵਿਚ ਟਿਕਿਆ ਹੋਇਆ ਮਨੁੱਖ ਅਸਲ ਜੋਗੀ ਹੈ,) ਉਹ ਆਪਣੇ ਮਨ ਨੂੰ ਉਸ ਪਰਮਾਤਮਾ ਵਿਚ ਜੋੜੀ ਰੱਖਦਾ ਹੈ ਜਿਸ ਵਿਚ ਜਗਤ-ਰਚਨਾ ਦੀ ਬੀਣਾ

ਸਦਾ ਵੱਜ ਰਹੀ ਹੈ, ਉਹ ਆਪਣੇ ਅੰਦਰ ਰੱਬੀ ਜੋਤਿ ਚੰਗੀ ਤਰ੍ਹਾਂ ਜਗਾ ਲੈਂਦਾ ਹੈ।੫।

(ਹੇ ਅਉਧੂ! ਜਿਸ ਮਨੁੱਖ ਨੂੰ ਪਰਮਾਤਮਾ ਗੁਰੂ ਦੀ ਸਰਨ ਪਾ ਕੇ ਆਤਮ-ਉੱਧਾਰ ਦੇ ਰਸਤੇ ਪਾਂਦਾ ਹੈ) ਉਹ ਮਨੁੱਖ ਇਸ ਪੰਜ-ਤੱਤੀ ਮਨੁੱਖਾ ਸਰੀਰ ਨੂੰ ਹਾਸਲ ਕਰ ਕੇ (ਜੰਗਲੀਂ ਪਹਾੜੀਂ ਜਾ ਕੇ ਇਸ ਨੂੰ ਸੁਆਹ ਵਿਚ ਨਹੀਂ ਰੋਲਦਾ, ਉਹ ਤਾਂ) ਬੇਅੰਤ ਪਰਮਾਤਮਾ ਦੀ ਪਵਿੱਤਰ ਜੋਤਿ ਦਾ ਦੀਵਾ ਦਿਨ ਰਾਤ (ਆਪਣੇ ਅੰਦਰ ਜਗਾਈ ਰੱਖਦਾ ਹੈ)।੬।

(ਹੇ ਅਉਧੂ! ਪ੍ਰਭੂ ਦੀ ਕਿਰਪਾ ਦਾ ਪਾਤਰ ਬਣਿਆ ਹੋਇਆ ਮਨੁੱਖ ਆਪਣੇ ਇਸ ਸਰੀਰ ਨੂੰ ਕਿੰਗੁਰੀ ਬਣਾਂਦਾ ਹੈ, ਸੁਆਸ ਸੁਆਸ ਨਾਮ ਜਪਣ ਨੂੰ ਇਸ ਸਰੀਰ-ਕਿੰਗੁਰੀ ਦੇ ਤੂੰਬੇ ਬਣਾਂਦਾ ਹੈ, ਉਸ ਦੇ ਅੰਦਰ ਗੁਰੂ ਦਾ ਸ਼ਬਦ ਅਨੋਖੀ ਖਿੱਚ ਨਾਲ ਵੱਜਦਾ ਹੈ (ਭਾਵ, ਗੁਰੂ ਦਾ ਸ਼ਬਦ ਉਸ ਦੇ ਅੰਦਰ ਸੁਆਦਲਾ ਪ੍ਰੇਮ-ਰਾਗ ਪੈਦਾ ਕਰਦਾ ਹੈ)।੭।

ਹੇ ਅਉਧੂ! (ਜਿਸ ਮਨੁੱਖ ਨੂੰ ਪਰਮਾਤਮਾ ਗੁਰੂ ਦੇ ਸ਼ਬਦ ਦੀ ਰਾਹੀਂ ਉੱਧਾਰਦਾ ਹੈ, ਉਹ) ਉਸ ਆਤਮਕ ਅਵਸਥਾ-ਰੂਪ ਨਗਰੀ ਵਿਚ ਅਡੋਲ-ਚਿੱਤ ਹੋ ਕੇ ਜੁੜਦਾ ਹੈ ਜਿਥੇ ਕੱਲਿਆਣ-ਸਰੂਪ ਪ੍ਰਭੂ ਦਾ ਹੀ ਪ੍ਰਭਾਵ ਹੈ, ਜਿੱਥੇ ਉਸ ਦੇ ਅੰਦਰ ਅਲੱਖ ਅਪਹੁੰਚ ਤੇ ਬੇਅੰਤ ਪਰਮਾਤਮਾ ਪਰਗਟ ਹੋ ਪੈਂਦਾ ਹੈ (ਉਹ ਉੱਚੀ ਆਤਮਕ ਅਵਸਥਾ ਹੀ ਗੁਰਸਿੱਖ ਜੋਗੀ ਦੀ ਸ਼ਿਵ-ਨਗਰੀ ਹੈ)।੮।

(ਹੇ ਅਉਧੂ! ਪ੍ਰਭੂ ਤੋਂ ਵਰੋਸਾਏ ਹੋਏ ਮਨੁੱਖ ਦਾ ਇਹ) ਸਰੀਰ (ਮਾਨੋ, ਵੱਸਦਾ) ਸ਼ਹਿਰ ਬਣ ਜਾਂਦਾ ਹੈ ਜਿਸ ਵਿਚ ਪੰਜੇ ਗਿਆਨ-ਇੰਦ੍ਰੇ ਵਿਚਾਰਵਾਨ ਹੋ ਕੇ (ਉੱਚੀ ਆਤ-ਮਕ ਸੂਝ-ਬੂਝ ਵਾਲੇ ਹੋ ਕੇ) ਵੱਸਦੇ ਹਨ (ਭਾਵ, ਵਿਕਾਰਾਂ ਦੇ ਪਿੱਛੇ ਭਟਕਦੇ ਨਹੀਂ ਫਿਰਦੇ, ਵਰੋਸਾਏ ਮਨੁੱਖ ਦਾ) ਇਹ ਮਨ (ਸਰੀਰ-ਨਗਰੀ ਵਿਚ) ਰਾਜਾ ਬਣ ਜਾਂਦਾ ਹੈ (ਕਾਮਾਦਿਕਾਂ ਨੂੰ ਵੱਸ ਵਿਚ ਰੱਖੀ ਬੈਠਦਾ ਹੈ)।੯।

(ਹੇ ਅਉਧੂ! ਜਿਸ ਮਨੁੱਖ ਦਾ, ਪਰਮਾਤਮਾ ਗੁਰੂ ਦੇ ਸ਼ਬਦ ਦੀ ਰਾਹੀਂ, ਉਧਾਰ ਕਰਦਾ ਹੈ ਉਸ ਦਾ ਮਨ ਕਾਮਾਦਿਕਾਂ ਉਤੇ) ਬਲੀ ਹੋ ਕੇ (ਆਤਮਕ ਅਡੋਲਤਾ ਦੇ) ਆਸਣ ਉਤੇ ਬੈਠਦਾ ਹੈ ਆਪਣੇ ਅੰਦਰ ਹੀ ਟਿਕਿਆ ਰਹਿੰਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਦਾ ਸਿਮਰਨ ਕਰਦਾ ਰਹਿੰਦਾ ਹੈ, ਨਿਆਂ ਕਰਦਾ ਹੈ (ਭਾਵ, ਸਾਰੇ ਇੰਦ੍ਰਿਆਂ ਨੂੰ ਆਪੋ ਆਪਣੀ ਹੱਦ ਵਿਚ ਰੱਖਦਾ ਹੈ), ਤੇ ਪਰਉਪਕਾਰੀ ਹੋ ਜਾਂਦਾ ਹੈ। ।੧੦।

(ਹੇ ਅਉਧੂ! ਜਿਸ ਮਨੁੱਖ ਉਤੇ ਪ੍ਰਭੂ ਦੀ ਮੇਹਰ ਹੁੰਦੀ ਹੈ ਉਹ ਧੂਣੀਆਂ ਤਪਾ ਤਪਾ ਕੇ ਨਹੀਂ ਸੜਦਾ, ਉਹ ਤਾਂ ਇਹ ਸੰਸਾਰਕ ਜੀਵਨ) ਜੀਊਂਦਾ ਹੀ (ਹਉਮੈ ਮਮਤਾ

ਕਾਮਾਦਿਕਾਂ ਵਲੋਂ) ਮਰ ਜਾਂਦਾ ਹੈ, ਉਹ ਆਪਣੇ ਮਨ ਨੂੰ (ਇਹਨਾਂ ਵਲੋਂ) ਮਾਰ ਦੇਂਦਾ ਹੈ, (ਇਸ ਅਵਸਥਾ ਵਿਚ ਪਹੁੰਚੇ ਹੋਏ ਦਾ) ਵਿਚਾਰੇ ਜਨਮ ਮਰਨ ਕੁਝ ਵਿਗਾੜ ਨਹੀਂ ਸਕਦੇ। ੧੧।

(ਹੇ ਅਉਧੂ ! ਉਸ ਮਨੁੱਖ ਨੂੰ ਇਹ ਸਮਝ ਆ ਜਾਂਦੀ ਹੈ ਕਿ) ਕਰਤਾਰ ਆਪ ਹੀ ਸਭ ਕੁਝ ਕਰਨ ਦੇ ਸਮਰੱਥ ਹੈ, ਬ੍ਰਹਮਾ ਵਿਸ਼ਨੂੰ ਤੇ ਸ਼ਿਵ ਉਸ ਇਕ ਪਰਮਾਤਮਾ (ਦੀ ਇਕ ਇਕ ਤਾਕਤ) ਦਾ ਸਰੂਪ (ਮਿਥੇ ਗਏ) ਹਨ। ੧੨।

(ਹੇ ਅਉਧੂ ! ਉਹ ਮਨੁੱਖ) ਹਰੇਕ ਆਤਮਾ ਦੇ ਮਾਲਕ ਪਰਮਾਤਮਾ (ਦੀ ਯਾਦ) ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ ਤੇ (ਜੰਗਲਾਂ ਪਹਾੜਾਂ ਵਿਚ ਭਟਕਣ ਦੇ ਥਾਂ) ਆਪਣੇ ਸਰੀਰ ਨੂੰ (ਵਿਕਾਰਾਂ ਵਲੋਂ) ਪਵਿਤ੍ਰ ਰੱਖ ਕੇ ਇਸ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ। ੧੩।

(ਹੇ ਅਉਧੂ ! ਉਸ ਮਨੁੱਖ ਨੇ) ਗੁਰੂ ਦੀ ਦੱਸੀ ਸੇਵਾ ਤੋਂ ਹੀ ਸਦਾ ਲਈ ਆਤਮਕ ਆਨੰਦ ਲੱਭ ਲਿਆ ਹੈ, ਉਸ ਦੇ ਅੰਦਰ (ਸੁੱਚੇ) ਆਤਮਕ ਗੁਣ ਪੈਦਾ ਕਰਨ ਵਾਲਾ ਗੁਰੂ ਦਾ ਸ਼ਬਦ ਸਦਾ ਟਿਕਿਆ ਰਹਿੰਦਾ ਹੈ। ੧੪।

(ਹੇ ਅਉਧੂ ! ਜਿਸ ਉਤੇ ਮੇਹਰ ਕਰਦਾ ਹੈ ਉਸ ਨੂੰ) ਆਤਮਕ ਗੁਣ ਪੈਦਾ ਕਰਨ ਵਾਲਾ ਪਰਮਾਤਮਾ ਆਪ ਹੀ (ਗੁਰਮੁਖਾਂ ਦੀ) ਸੰਗਤਿ ਵਿਚ ਮਿਲਾਂਦਾ ਹੈ, ਉਸ ਦੇ ਅੰਦਰੋਂ ਹਉਮੈ ਤੇ ਮਾਇਆ ਦੀ ਤ੍ਰਿਸ਼ਨਾ ਮੁਕਾ ਦੇਂਦਾ ਹੈ। ੧੫।

(ਉਹ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤਿ ਨਾਲ) ਮਾਇਆ ਦੇ ਤਿੰਨ ਗੁਣਾਂ ਦਾ ਪ੍ਰਭਾਵ ਮਿਟਾ ਲੈਂਦਾ ਹੈ,ਉਸ ਉੱਚੀ ਆਤਮਕ ਅਵਸਥਾ ਵਿਚ ਟਿਕਿਆ ਰਹਿੰਦਾ ਹੈ ਜਿਥੇ ਇਹਨਾਂ ਤਿੰਨਾਂ ਦਾ ਜ਼ੋਰ ਨਹੀਂ ਚੜ੍ਹਦਾ, (ਜੰਗਲਾਂ ਪਹਾੜਾਂ ਵਿਚ ਭਟਕਣ ਨਾਲੋਂ ਉਸ ਨੂੰ) ਇਹ ਭਗਤੀ ਹੀ ਅਨੋਖੀ ਖਿੱਚ ਪਾਂਦੀ ਹੈ। ੧੬।

(ਹੇ ਅਉਧੂ !) ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਨ ਦੇ ਜੋਗ (-ਸਾਧਨ) ਦੀ ਰਾਹੀਂ ਆਪਣੇ ਆਤਮਕ ਜੀਵਨ ਨੂੰ ਪਰਖਦਾ ਰਹਿੰਦਾ ਹੈ ਤੇ ਆਪਣੇ ਹਿਰਦੇ ਵਿਚ ਇਕ ਪਰਮਾਤਮਾ (ਦੀ ਯਾਦ ਤੇ ਪ੍ਰੀਤ) ਨੂੰ ਵਸਾਈ ਰੱਖਦਾ ਹੈ। ੧੭।

(ਹੇ ਅਉਧੂ ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਦਾ ਮਨ ਸਦਾ) ਗੁਰੂ ਦੇ ਸ਼ਬਦ ਵਿਚ ਰੰਗਿਆ ਰਹਿੰਦਾ ਹੈ। (ਇਸ ਵਾਸਤੇ ਉਸ ਦਾ) ਮਨ (ਵਿਕਾਰਾਂ ਵਲ ਡੋਲਣ ਦੇ ਥਾਂ ਪ੍ਰਭੂ-ਪ੍ਰੀਤਿ ਵਿਚ) ਟਿਕਿਆ ਰਹਿੰਦਾ ਹੈ। (ਮਨੁੱਖਾ ਜੀਵਨ ਵਿਚ) ਇਹ ਹੀ ਕਰਨ-ਜੋਗ ਕਾਰ ਉਸ ਨੂੰ ਸ੍ਰੇਸ਼ਟ ਜਾਪਦੀ ਹੈ। ੧੮।

ਹੇ ਅਉਧੂ ! ਵੇਦ (ਆਦਿਕ ਧਰਮ-ਪੁਸਤਕਾਂ) ਨੂੰ (ਪੜ੍ਹ ਕੇ ਉਹਨਾਂ ਦੀ) ਚਰਚਾ

ਨੂੰ (ਉਹ ਮਨੁੱਖ) ਨਹੀਂ ਕਬੂਲਦਾ (ਪਸੰਦ ਨਹੀਂ ਕਰਦਾ, ਆਤਮਕ ਜੀਵਨ ਦੇ ਰਾਹ ਵਿਚ ਇਸ ਨੂੰ ਉਹ) ਪਖੰਡ (ਸਮਝਦਾ ਹੈ)। ਉਹ ਤਾਂ ਗੁਰੂ ਦੀ ਸਰਨ ਪੈ ਕੇ ਗੁਰੂ ਦੇ ਸ਼ਬਦ ਦੀ ਬਰਕਤ ਨਾਲ ਉੱਚੀ ਆਤਮਕ ਵਿਚਾਰ ਦਾ ਮਾਲਕ ਬਣਦਾ ਹੈ। ੧੯।

ਹੇ ਅਉਧੂ ! (ਜਿਸ ਮਨੁੱਖ ਨੂੰ ਪਰਮਾਤਮਾ ਉੱਧਾਰਦਾ ਹੈ ਉਹ) ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ, ਇਹੀ ਜੋਗ (ਉਹ) ਕਮਾਂਦਾ ਹੈ, ਗੁਰੂ ਦੇ ਸ਼ਬਦ ਵਿਚ ਜੁੜ ਕੇ ਉਹ ਉੱਚੀ ਆਤਮਕ ਵਿਚਾਰ ਦਾ ਮਾਲਕ ਬਣਦਾ ਹੈ, ਇਹੀ ਹੈ ਉਸ ਦਾ ਜਤ ਤੇ ਸਤ (ਕਾਇਮ ਰੱਖਣ ਦਾ ਤਰੀਕਾ)। ੨੦।

ਹੇ ਅਉਧੂ ! ਉਸ ਮਨੁੱਖ ਨੇ ਜੋਗ ਦੀ (ਪਰਮਾਤਮਾ ਨਾਲ ਜੁੜਨ ਦੀ) ਇਹ ਜੁਗਤਿ ਸਮਝੀ ਹੈ ਕਿ ਉਹ ਗੁਰੂ ਦੇ ਸ਼ਬਦ ਵਿਚ ਜੁੜ ਕੇ (ਹਉਮੈ ਮਮਤਾ ਆਦਿਕ ਵਲੋਂ) ਮੁਰਦਾ ਹੋ ਜਾਂਦਾ ਹੈ ਆਪਣੇ ਮਨ ਨੂੰ (ਵਿਕਾਰਾਂ ਵਲੋਂ) ਕਾਬੂ ਵਿਚ ਰੱਖਦਾ ਹੈ। ੨੧।

ਹੇ ਅਉਧੂ ! ਮਾਇਆ ਦਾ ਮੋਹ ਘੁੰਮਣ ਘੇਰੀ ਹੈ (ਜਿਸ ਮਨੁੱਖ ਦਾ ਪਰਮਾਤਮਾ ਉੱਧਾਰ ਕਰਦਾ ਹੈ ਉਹ) ਗੁਰੂ ਦੇ ਸ਼ਬਦ ਵਿਚ ਜੁੜ ਕੇ (ਇਸ ਵਿਚੋਂ) ਪਾਰ ਲੰਘ ਜਾਂਦਾ ਹੈ ਤੇ ਆਪਣੀਆਂ ਕੁਲਾਂ ਨੂੰ ਭੀ ਪਾਰ ਲੰਘਾ ਲੈਂਦਾ ਹੈ। ੨੨।

ਹੇ ਅਉਧੂ ! ਜੇਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜਦੇ ਹਨ ਉਹ ਚੌਹਾਂ ਜੁਗਾਂ ਵਿਚ ਹੀ ਸੂਰਮੇ ਹਨ (ਭਾਵ, ਕਿਸੇ ਭੀ ਸਮੇ ਵਿਚ ਕਾਮਾਦਿਕ ਵਿਕਾਰ ਉਹਨਾਂ ਉਤੇ ਜ਼ੋਰ ਨਹੀਂ ਪਾ ਸਕਦੇ)। ਗੁਰੂ ਦੀ ਬਾਣੀ ਦੀ ਬਰਕਤਿ ਨਾਲ ਉਹ ਪਰਮਾਤਮਾ ਦੀ ਭਗਤੀ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਈ ਰੱਖਦੇ ਹਨ। ੨੩।

ਹੇ ਅਉਧੂ ! ਮਨੁੱਖ ਦਾ ਇਹ ਮਨ ਮਾਇਆ ਦੇ ਮੋਹ ਵਿਚ ਫਸ ਜਾਂਦਾ ਹੈ (ਪਰ ਇਸ ਵਿਚੋਂ ਨਿਕਲਣ ਦਾ ਇਹ ਤਰੀਕਾ ਨਹੀਂ ਕਿ ਮਨੁੱਖ ਜੰਗਲਾਂ ਵਿਚ ਜਾਂ ਪਹਾੜਾਂ ਦੀਆਂ ਗੁਫਾਂ ਵਿਚ ਜਾ ਟਿਕੇ, ਇਸ ਵਿਚੋਂ) ਉਹ ਮਨੁੱਖ ਨਿਕਲਦਾ ਹੈ ਜੋ ਗੁਰੂ ਦੇ ਸ਼ਬਦ ਵਿਚ ਜੁੜਕੇ ਪਰਮਾਤਮਾ ਦੀ ਸਿਫਤਿ ਸਾਲਾਹ ਨੂੰ ਆਪਣੇ ਸੋਚ-ਮੰਡਲ ਵਿਚ ਟਿਕਾਂਦਾ ਹੈ। ੨੪।

ਸੋ, ਹੇ ਨਾਨਕ ! (ਪ੍ਰਭੂ-ਦਰ ਤੇ ਅਰਦਾਸ ਕਰ–ਹੇ ਪ੍ਰਭੂ !) ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਮਾਇਆ ਦੇ ਮੋਹ ਵਿਚ ਫਸਣ ਤੋਂ ਬਚਾ ਲੈ)।

(ਮਾਇਆ ਦੇ ਮੋਹ ਤੋਂ ਬਚਣਾ ਜੀਵਾਂ ਦੇ ਆਪਣੇ ਵੱਸ ਦੀ ਗੱਲ ਨਹੀਂ, ਅਰਦਾਸ ਸੁਣ ਕੇ) ਪਰਮਾਤਮਾ ਆਪ ਹੀ ਬਖ਼ਸ਼ਸ਼ ਕਰਦਾ ਹੈ ਤੇ ਆਪਣੀ ਸੰਗਤਿ ਵਿਚ ਮਿਲਾਂਦਾ ਹੈ। ੨੫। ੯।

ਰਾਮਕਲੀ ਮਹਲਾ ੩ ਅਸਟਪਦੀਆ ॥

੧ ਓ ਸਤਿਗੁਰਪ੍ਰਸਾਦਿ ॥ ਸਰਮੈ ਦੀਆ ਮੁੰਦ੍ਰਾ ਕੰਨੀ ਪਾਇ ਜੋਗੀ ਖਿੰਥਾ ਕਰਿ ਤੂ ਦਇਆ ॥ ਆਵਣੁ ਜਾਣੁ ਬਿਭੂਤਿ ਲਾਇ ਜੋਗੀ ਤਾ ਤੀਨਿ ਭਵਣ ਜਿਣਿ ਲਇਆ ॥ ੧ ॥ ਐਸੀ ਕਿੰਗੁਰੀ ਵਜਾਇ ਜੋਗੀ ॥ ਜਿਤੁ ਕਿੰਗੁਰੀ ਅਨਹਦੁ ਵਾਜੈ ਹਰਿ ਸਿਉ ਰਹੈ ਲਿਵ ਲਾਇ ॥ ੧ ॥ ਰਹਾਉ ॥ ਸਤੁ ਸੰਤੋਖ ਪਤੁ ਕਰਿ ਝੋਲੀ ਜੋਗੀ ਅੰਮ੍ਰਿਤ ਨਾਮੁ ਭੁਗਤਿ ਪਾਈ॥ਧਿਆਨ ਕਾ ਕਰਿ ਡੰਡਾ ਜੋਗੀ ਸਿੰਙੀ ਸੁਰਤਿ ਵਜਾਈ ॥੨॥ ਮਨੁ ਦ੍ਰਿੜੁ ਕਰਿ ਆਸਣਿ ਬੈਸੁ ਜੋਗੀ ਤਾ ਤੇਰੀ ਕਲਪਣਾ ਜਾਈ ॥ ਕਾਇਆ ਨਗਰੀ ਮਹਿ ਮੰਗਣਿ ਚੜਹਿ ਜੋਗੀ ਤਾ ਨਾਮੁ ਪਲੈ ਪਾਈ ॥੩॥ ਇਤੁ ਕਿੰਗੁਰੀ ਧਿਆਨੁ ਨ ਲਾਗੈ ਜੋਗੀ ਨਾ ਸਚੁ ਪਲੈ ਪਾਇ ॥ ਇਤੁ ਕਿੰਗੁਰੀ ਸਾਂਤਿ ਨ ਆਵੈ ਜੋਗੀ ਅਭਿਮਾਨੁ ਨ ਵਿਚਹੁ ਜਾਇ ॥੪॥ ਭਉ ਭਾਉ ਦੁਇ ਪਤ ਲਾਇ ਜੋਗੀ ਇਹੁ ਸਰੀਰੁ ਕਰਿ ਡੰਡੀ ॥ ਗੁਰਮੁਖਿ ਹੋਵਹਿ ਤਾ ਤੰਤੀ ਵਾਜੈ ਇਨ ਬਿਧਿ ਤ੍ਰਿਸਨਾ ਖੰਡੀ ॥੫॥ ਹੁਕਮੁ ਬੂਝੈ ਸੋ ਜੋਗੀ ਕਹੀਐ ਏਕਸ ਸਿਉ ਚਿਤੁ ਲਾਏ ॥ ਸਹਸਾ ਤੂਟੈ ਨਿਰਮਲੁ ਹੋਵੈ ਜੋਗ ਜੁਗਤਿ ਇਵ ਪਾਏ ॥੬॥ [ਪੰਨਾ ੯੦੮]

ਪਦ ਅਰਥ :—ਸਰਮ—ਮਿਹਨਤ (ਉੱਚਾ ਆਤਮਕ ਜੀਵਨ ਬਣਾਣ ਲਈ ਮਿਹ-ਨਤ) । ਜੋਗੀ—ਹੇ ਜੋਗੀ ! ਖਿੰਥਾ—ਕਫ਼ਨੀ, ਗੋਦੜੀ । ਕਰਿ—ਬਣਾ । ਆਵਣੁ ਜਾਣੁ—ਜਨਮ ਮਰਨ ਦਾ ਗੇੜ (ਜਨਮ ਮਰਨ ਦੇ ਗੇੜ ਦਾ ਡਰ) । ਬਿਭੂਤਿ—ਸੁਆਹ । ਤੀਨਿ ਭਵਣ—ਤਿੰਨ ਭਵਣ, (ਆਕਾਸ਼, ਪਾਤਾਲ, ਮਾਤ ਲੋਕ,) ਸਾਰਾ ਜਗਤ, ਜਗਤ ਦਾ ਮੋਹ। ਜਿਣਿ ਲਇਆ—ਜਿੱਤ ਲਿਆ । ੧ ।

ਕਿੰਗੁਰੀ—ਵੀਣਾ । ਜਿਤੁ ਕਿੰਗੁਰੀ—ਜਿਸ ਕਿੰਗੁਰੀ ਦੀ ਰਾਹੀਂ, ਜਿਸ ਵੀਣਾ ਦੇ ਵਜਾਣ ਨਾਲ । ਅਨਹਦੁ—ਬਿਨਾ ਵਜਾਏ ਵੱਜਦਾ ਰਾਗ, ਇਕ-ਰਸ ਹੋ ਰਿਹਾ ਰਾਗ, ਉੱਚੇ ਆਤਮਕ ਜੀਵਨ ਦਾ ਇਕ-ਰਸ ਆਨੰਦ । ਵਾਜੈ—ਵੱਜਣ ਲੱਗ ਪੈਂਦਾ ਹੈ । ਲਿਵ-ਲਗਨ । ੧ । ਰਹਾਉ ।

ਸਤੁ—ਦਾਨ, ਸੇਵਾ । ਪਤੁ—ਪਾਤਰ, ਖੱਪਰ । ਕਰਿ—ਬਣਾ । ਜੋਗੀ—ਹੇ ਜੋਗੀ ! ਅੰਮ੍ਰਿਤ ਨਾਮੁ—ਆਤਮਕ ਜੀਵਨ ਦੇਣ ਵਾਲਾ ਨਾਮ । ਭੁਗਤਿ—ਚੂਰਮਾ, ਭੋਜਨ । ਸਿੰਙੀ—ਛੋਟਾ ਜਿਹਾ ਸਿੰਙ ਜੋ ਭੰਡਾਰਾ ਵਰਤਣ ਵੇਲੇ ਜੋਗੀ ਵਜਾਂਦਾ ਹੈ । ੨ ।

ਦ੍ਰਿੜੁ—ਪੱਕਾ । ਆਸਣਿ—ਆਸਣ ਉਤੇ । ਬੈਸੁ—ਬੈਠ । ਕਲਪਣਾ—ਮਨ ਦੀ

ਖਿੰਝ। ਕਾਇਆ–ਸਰੀਰ। ਮੰਗਣਿ ਚੜਹਿ–ਮੰਗਣ ਵਾਸਤੇ ਚੱਲ ਪਏਂ। ਪਲੈ ਪਾਈ–ਪੱਲੇ ਪੈਂਦਾ ਹੈ, ਮਿਲਦਾ ਹੈ। ੩।

ਇਤੁ–ਇਸ ਦੀ ਰਾਹੀਂ। ਇਤੁ ਕਿੰਗੁਰੀ–ਇਸ ਕਿੰਗੁਰੀ ਦੀ ਰਾਹੀਂ (ਜਿਹੜੀ ਤੂੰ ਵਜਾ ਰਿਹਾ ਹੈਂ)। ਵਿਚਹੁ–ਮਨ ਵਿਚੋਂ। ੪।

ਭਉ–ਡਰ। ਭਾਉ–ਪਿਆਰ। ਦੁਇ–ਦੋਵੇਂ। ਪਤ–[ਵੇਖੋ ਬੰਦ ਨੰ: ੨। 'ਪਤੁ' ਇਕ ਵਚਨ ਹੈ] ਤੂੰਬੇ (ਜੋ ਕਿੰਗੁਰੀ ਦੀ ਲੰਮੀ ਡੰਡੀ ਉਤੇ ਲੱਗੇ ਹੁੰਦੇ ਹਨ)। ਡੰਡੀ–ਕਿੰਗੁਰੀ ਦੀ ਡੰਡੀ। ਗੁਰਮੁਖ–ਗੁਰੂ ਦੇ ਸਨਮੁਖਿ। ਤੰਤੀ–ਤਾਰ, ਵੀਣਾ ਦੀ ਤਾਰ। ਇਨ ਬਿਧਿ–ਇਸ ਤਰੀਕੇ ਨਾਲ। ਖੰਡੀ–ਨਾਸ ਹੋ ਜਾਂਦੀ ਹੈ। ੫।

ਬੂਝੈ–ਸਮਝ ਲਏ, ਦੇ ਅਨੁਸਾਰ ਚੱਲ ਪਏ। ਏਕਸ ਸਿਉ–ਇਕ ਪਰਮਾਤਮਾ ਨਾਲ ਹੀ। ਸਹਸਾ–ਸਹਮ। ਨਿਰਮਲੁ–ਪਵਿੱਤਰ। ਜੋਗ ਜੁਗਤੀ–ਜੋਗ ਦੀ ਜੁਗਤੀ, ਪ੍ਰਭੂ-ਮਿਲਾਪ ਦਾ ਢੰਗ। ਇਵ–ਇਸ ਤਰ੍ਹਾਂ। ੬।

ਅਰਥ :–ਹੇ ਜੋਗੀ ! ਤੂੰ ਅਜਿਹੀ ਵੀਣਾ ਵਜਾਇਆ ਕਰ,ਜਿਸ ਵੀਣਾ ਦੇ ਵਜਾਣ ਨਾਲ (ਮਨੁੱਖ ਦੇ ਅੰਦਰ) ਉੱਚੇ ਆਤਮਕ ਜੀਵਨ ਦਾ ਇੱਕ-ਰਸ ਆਨੰਦ ਪੈਦਾ ਹੋ ਜਾਂਦਾ ਹੈ, ਅਤੇ ਮਨੁੱਖ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦਾ ਹੈ। ੧। ਰਹਾਉ।

ਹੇ ਜੋਗੀ ! (ਇਹਨਾਂ ਕੱਚ ਦੀਆਂ ਮੁੰਦ੍ਰਾਂ ਦੇ ਥਾਂ) ਤੂੰ ਆਪਣੇ ਕੰਨਾਂ ਵਿਚ (ਉੱਚਾ ਆਤਮਕ ਜੀਵਨ ਬਣਾਣ ਲਈ) ਮਿਹਨਤ ਦੀਆਂ ਮੁੰਦ੍ਰਾਂ ਪਾ ਲੈ, ਅਤੇ ਦਇਆ ਨੂੰ ਤੂੰ ਆਪਣੀ ਕਫ਼ਨੀ ਬਣਾ। ਹੇ ਜੋਗੀ ! ਜਨਮ ਮਰਨ ਦੇ ਗੇੜ ਦਾ ਡਰ ਚੇਤੇ ਰੱਖ–ਇਹ ਸੁਆਹ ਤੂੰ ਆਪਣੇ ਪਿੰਡੇ ਉਤੇ ਮਲ। (ਜੇ ਤੂੰ ਇਹ ਉੱਦਮ ਕਰੇਂਗਾ, ਤਾਂ ਸਮਝ ਲਈਂ ਕਿ) ਤੂੰ ਜਗਤ ਦਾ ਮੋਹ ਜਿੱਤ ਲਿਆ। ੧।

ਹੇ ਜੋਗੀ ! (ਦੂਜਿਆਂ ਦੀ) ਸੇਵਾ (ਕਰਿਆ ਕਰ, ਅਤੇ ਅਪਣੇ ਅੰਦਰ) ਸੰਤੋਖ (ਧਾਰਨ ਕਰ, ਇਹਨਾਂ ਦੋਹਾਂ) ਨੂੰ ਖੱਪਰ ਅਤੇ ਝੋਲੀ ਬਣਾ। ਆਤਮਕ ਜੀਵਨ ਦੇਣ ਵਾਲਾ ਨਾਮ (ਆਪਣੇ ਹਿਰਦੇ ਵਿਚ ਵਸਾਈ ਰੱਖੋ) ਇਹ ਚੂਰਮਾ ਪਾ (ਤੂੰ ਆਪਣੇ ਖੱਪਰ ਵਿਚ)। ਹੇ ਜੋਗੀ! ਪ੍ਰਭੂ-ਚਰਨਾਂ ਵਿਚ ਚਿੱਤ ਜੋੜੀ ਰੱਖਣ ਨੂੰ ਤੂੰ (ਆਪਣੇ ਹੱਥ ਦਾ) ਡੰਡਾ ਬਣਾ; ਪ੍ਰਭੂ ਵਿਚ ਸੁਰਤਿ ਟਿਕਾਈ ਰੱਖ-ਇਹ ਸਿੰਙੀ ਵਜਾਇਆ ਕਰ। ੨।

ਹੇ ਜੋਗੀ ! (ਪ੍ਰਭੂ ਦੀ ਯਾਦ ਵਿਚ) ਆਪਣੇ ਮਨ ਨੂੰ ਪੱਕਾ ਕਰ–(ਇਸ) ਆਸਣ ਉਤੇ ਬੈਠਿਆ ਕਰ, (ਇਸ ਅੱਭਿਆਸ ਨਾਲ) ਤੇਰੇ ਮਨ ਦੀ ਖਿੱਝ ਦੂਰ ਹੋ ਜਾਇਗੀ। (ਤੂੰ ਆਟਾ ਮੰਗਣ ਲਈ ਨਗਰ ਵਲ ਤੁਰ ਪੈਂਦਾ ਹੈਂ, ਇਸ ਦੇ ਥਾਂ) ਜੇ ਤੂੰ ਆਪਣੇ ਸਰੀਰ-ਨਗਰ ਦੇ ਅੰਦਰ ਹੀ (ਟਿਕ ਕੇ ਪਰਮਾਤਮਾ ਦੇ ਦਰ ਤੋਂ ਉਸ ਦੇ ਨਾਮ ਦਾ ਦਾਨ) ਮੰਗਣਾ ਸ਼ੁਰੂ ਕਰ ਦੇਵੇਂ; ਤਾਂ, ਹੇ ਜੋਗੀ! ਤੈਨੂੰ (ਪਰਮਾਤਮਾ ਦਾ) ਨਾਮ ਪ੍ਰਾਪਤ ਹੋ ਜਾਇਗਾ। ੩।

ਹੇ ਜੋਗੀ ! (ਜਿਹੜੀ ਕਿੰਗੁਰੀ ਤੂੰ ਵਜਾ ਰਿਹਾ ਹੈਂ) ਇਸ ਕਿੰਗੁਰੀ ਦੀ ਰਾਹੀਂ ਪ੍ਰਭੂ ਚਰਨਾਂ ਵਿਚ ਧਿਆਨ ਨਹੀਂ ਜੁੜ ਸਕਦਾ, ਨਾਂਹ ਹੀ ਇਸ ਤਰ੍ਹਾਂ ਸਦਾ-ਥਿਰ ਪ੍ਰਭੂ ਦਾ ਮਿਲਾਪ ਹੋ ਸਕਦਾ ਹੈ। ਹੇ ਜੋਗੀ ! (ਤੇਰੀ) ਇਸ ਕਿੰਗੁਰੀ ਦੀ ਰਾਹੀਂ ਮਨ ਵਿਚ ਸ਼ਾਂਤੀ ਪੈਂਦਾ ਨਹੀਂ ਹੋ ਸਕਦੀ, ਨਾਂਹ ਹੀ ਮਨ ਵਿਚੋਂ ਅਹੰਕਾਰ ਦੂਰ ਹੋ ਸਕਦਾ ਹੈ। ੪।

ਹੇ ਜੋਗੀ ! ਤੂੰ ਆਪਣੇ ਇਸ ਸਰੀਰ ਨੂੰ (ਕਿੰਗੁਰੀ ਦੀ) ਡੰਡੀ ਬਣਾ ਅਤੇ (ਇਸ ਸਰੀਰ-ਡੰਡੀ ਨੂੰ) ਡਰ ਅਤੇ ਪਿਆਰ ਦੇ ਦੋ ਤੂੰਬੇ ਜੋੜ (ਭਾਵ, ਆਪਣੇ ਅੰਦਰ ਪ੍ਰਭੂ ਦਾ ਡਰ ਅਤੇ ਪਿਆਰ ਪੈਦਾ ਕਰ)। ਹੇ ਜੋਗੀ ! ਜੇ ਤੂੰ ਹਰ ਵੇਲੇ ਗੁਰੂ ਦੇ ਸਨਮੁਖ ਹੋਇਆ ਰਹੇਂ ਤਾਂ (ਹਿਰਦੇ ਦੀ ਪ੍ਰੇਮ-) ਤਾਰ ਵੱਜ ਪਏਗੀ, ਇਸ ਤਰ੍ਹਾਂ (ਤੇਰੇ ਅੰਦਰੋਂ) ਤ੍ਰਿਸ਼ਨਾ ਮੁੱਕ ਜਾਇਗੀ। ੫।

ਹੇ ਭਾਈ ! ਜਿਹੜਾ ਮਨੁੱਖ ਪਰਮਾਤਮਾ ਦੀ ਰਜ਼ਾ ਦੇ ਅਨੁਸਾਰ ਤੁਰਦਾ ਹੈ ਅਤੇ ਇਕ ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜੀ ਰੱਖਦਾ ਹੈ ਉਹ ਮਨੁੱਖ (ਅਸਲ) ਜੋਗੀ ਅਖਵਾਂਦਾ ਹੈ, (ਉਸ ਦੇ ਅੰਦਰੋਂ) ਸਹਿਮ ਦੂਰ ਹੋ ਜਾਂਦਾ ਹੈ, ਉਸ ਦਾ ਹਿਰਦਾ ਪਵਿੱਤਰ ਹੋ ਜਾਂਦਾ ਹੈ ਤੇ, ਇਸ ਤਰ੍ਹਾਂ ਉਹ ਮਨੁੱਖ ਪਰਮਾਤਮਾ ਨਾਲ ਮਿਲਾਪ ਦਾ ਢੰਗ ਲੱਭ ਲੈਂਦਾ ਹੈ। ੬।

ਨਦਰੀ ਆਵਦਾ ਸਭੁ ਕਿਛੁ ਬਿਨਸੈ ਹਰਿ ਸੇਤੀ ਚਿਤੁ ਲਾਇ ॥ ਸਤਿਗੁਰ ਨਾਲਿ ਤੇਰੀ ਭਾਵਨੀ ਲਾਗੈ ਤਾ ਇਹ ਸੋਝੀ ਪਾਇ ॥ ੭ ॥ ਏਹੁ ਜੋਗੁ ਨ ਹੋਵੈ ਜੋਗੀ ਜਿ ਕੁਟੰਬੁ ਛੋਡਿ ਪਰਭਵਣੁ ਕਰਹਿ ॥ ਗ੍ਰਿਹ ਸਰੀਰ ਮਹਿ ਹਰਿ ਹਰਿ ਨਾਮੁ ਗੁਰ ਪਰਸਾਦੀ ਅਪਣਾ ਹਰਿਪ੍ਰਭੁ ਲਹਹਿ ॥ ੮ ॥ ਇਹੁ ਜਗਤੁ ਮਿਟੀ ਕਾ ਪੁਤਲਾ ਜੋਗੀ ਇਸੁ ਮਹਿ ਰੋਗੁ ਵਡਾ ਤ੍ਰਿਸਨਾ ਮਾਇਆ ॥ ਅਨੇਕ ਜਤਨ ਭੇਖ ਕਰੈ ਜੋਗੀ ਰੋਗੁ ਨ ਜਾਇ ਗਵਾਇਆ ॥੯॥ ਹਰਿ ਕਾ ਨਾਮੁ ਅਉਖਧੁ ਹੈ ਜੋਗੀ ਜਿਸ ਨੋ ਮੰਨਿ ਵਸਾਏ ॥ ਗੁਰਮੁਖਿ ਹੋਵੈ ਸੋਈ ਬੂਝੈ ਜੋਗ ਜੁਗਤਿ ਸੋ ਪਾਏ ॥ ੧੦ ॥ ਜੋਗੈ ਕਾ ਮਾਰਗੁ ਬਿਖਮੁ ਹੈ ਜੋਗੀ ਜਿਸ ਨੋ ਨਦਰਿ ਕਰੇ ਸੋ ਪਾਏ ॥ ਅੰਤਰਿ ਬਾਹਰਿ ਏਕੋ ਵੇਖੈ ਵਿਚਹੁ ਭਰਮੁ ਚੁਕਾਏ ॥ ੧੧ ॥ ਵਿਣੁ ਵਜਾਈ ਕਿੰਗੁਰੀ ਵਾਜੈ ਜੋਗੀ ਸਾ ਕਿੰਗੁਰੀ ਵਜਾਇ॥ ਕਹੈ ਨਾਨਕੁ ਮੁਕਤਿ ਹੋਵਹਿ ਜੋਗੀ ਸਾਚੇ ਰਹਹਿ ਸਮਾਇ॥ ੧੨ ॥ ੧ ॥ [ਪੰਨਾ ੯੦੮]

ਪਦ ਅਰਥ :—ਸਭੁ ਕਿਛੁ—ਹਰੇਕ ਚੀਜ਼, ਸਭ ਕੁਝ। ਬਿਨਸੈ—ਨਾਸਵੰਤ ਹੈ। ਸੇਤੀ—ਨਾਲ। ਲਾਇ—ਜੋੜੀ ਰੱਖ। ਭਾਵਨੀ—ਸਰਧਾ, ਪਿਆਰ। ੭।

ਜੋਗੀ—ਹੇ ਜੋਗੀ ! ਜਿ—ਜਿਹੜਾ, ਕਿ । ਛੋਡਿ—ਛੱਡ ਕੇ । ਪਰਭਵਣੁ—ਦੇਸ-ਰਟਨ, ਥਾਂ ਥਾਂ ਭੌਂਦੇ ਫਿਰਨਾ । ਕਰਹਿ—ਤੂੰ ਕਰਦਾਂ ਹੈਂ । ਗ੍ਰਿਹ ਸਰੀਰ ਮਹਿ—ਸਰੀਰ-ਘਰ ਵਿਚ। ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ । ਲਹਹਿ—ਤੂੰ ਲੱਭ ਲਏਂਗਾ । ੮ ।

ਇਸੁ ਮਹਿ—ਇਸ (ਮਿੱਟੀ ਦੇ ਪੁਤਲੇ) ਵਿਚ । ਕਰੈ—ਕਰਦਾ ਹੈ । ੯ ।

ਅਉਖਧੁ—ਦਵਾਈ । ਜਿਸ ਨੋ—[ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ] । ਮੰਨਿ—ਮਨਿ, ਮਨ ਵਿਚ । ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ । ਸੋਈ—ਉਹੀ ਮਨੁੱਖ । ਜੋਗ ਜੁਗਤਿ—ਜੋਗ ਦੀ ਜੁਗਤੀ, ਪ੍ਰਭੂ-ਮਿਲਾਪ ਦਾ ਢੰਗ। ੧੦ ।

ਮਾਰਗੁ—ਰਸਤਾ । ਬਿਖਮੁ—ਔਖਾ । ਨਦਰਿ—ਕਿਰਪਾ ਦੀ ਦ੍ਰਿਸ਼ਟੀ, ਮਿਹਰ ਦੀ ਨਿਗਾਹ । ਅੰਤਰਿ—ਆਪਣੇ ਅੰਦਰ । ਬਾਹਰਿ—ਸਾਰੇ ਸੰਸਾਰ ਵਿਚ । ਵਿਚਹੁ—ਆਪਣੇ ਮਨ ਵਿਚੋਂ । ਭਰਮੁ—ਵਿਤਕਰਾ, ਮੇਰ-ਤੇਰ । ਚੁਕਾਇ—ਦੂਰ ਕਰਦਾ ਹੈ । ੧੧ ।

ਵਾਜੈ—ਵੱਜਦੀ ਹੈ । ਸਾ ਕਿੰਗੁਰੀ—ਉਹ ਵੀਣਾ । ਕਹੈ—ਆਖਦਾ ਹੈ । ਮੁਕਤਿ—ਵਿਕਾਰਾਂ ਤੋਂ ਖਲਾਸੀ (ਵਾਲਾ) । ਹੋਵਹਿ—ਤੂੰ ਹੋ ਜਾਇੰਗਾ । ਸਾਚੇ—ਸਾਚਿ, ਸਦਾ-ਥਿਰ ਪ੍ਰਭੂ ਵਿਚ । ਰਹਹਿ ਸਮਾਇ—ਤੂੰ ਲੀਨ ਰਹੇਂਗਾ । ੧੨ ।

ਅਰਥ :—(ਹੇ ਜੋਗੀ ! ਜਗਤ ਵਿਚ ਜੋ ਕੁਝ) ਅੱਖੀਂ ਦਿੱਸ ਰਿਹਾ ਹੈ (ਇਹ) ਸਭ ਕੁਝ ਨਾਸਵੰਤ ਹੈ (ਇਸ ਦਾ ਮੋਹ ਛੱਡ ਕੇ) ਤੂੰ ਪਰਮਾਤਮਾ ਨਾਲ ਆਪਣਾ ਚਿੱਤ ਜੋੜੀ ਰੱਖ । (ਪਰ, ਹੇ ਜੋਗੀ !) ਇਹ ਸਮਝ ਤਦੋਂ ਹੀ ਪਏਗੀ ਜਦੋਂ ਗੁਰੂ ਨਾਲ ਤੇਰੀ ਸਰਧਾ ਬਣੇਗੀ । ੧ ।

ਹੇ ਜੋਗੀ! ਤੂੰ ਇਹ ਜਿਹੜਾ ਆਪਣਾ ਪਰਵਾਰ ਛੱਡ ਕੇ ਦੇਸ-ਰਟਨ ਕਰਦਾ ਫਿਰਦਾ ਹੈਂ, ਇਸ ਨੂੰ ਜੋਗ ਨਹੀਂ ਆਖੀਦਾ । ਇਸ ਸਰੀਰ-ਘਰ ਵਿਚ ਹੀ ਪਰਮਾਤਮਾ ਦਾ ਨਾਮ (ਵੱਸ ਰਿਹਾ ਹੈ । ਹੇ ਜੋਗੀ ! ਆਪਣੇ ਅੰਦਰੋਂ ਹੀ) ਗੁਰੂ ਦੀ ਕਿਰਪਾ ਨਾਲ ਤੂੰ ਆਪਣੇ ਪਰਮਾਤਮਾ ਨੂੰ ਲੱਭ ਸਕੇਂਗਾ । ੮ ।

ਹੇ ਜੋਗੀ ! ਇਹ ਸੰਸਾਰ (ਮਾਨੋ) ਮਿੱਟੀ ਦਾ ਬੁੱਤ ਹੈ, ਇਸ ਵਿਚ ਮਾਇਆ ਦੀ ਤ੍ਰਿਸ਼ਨਾ ਦਾ ਵੱਡਾ ਰੋਗ ਲੱਗਾ ਹੋਇਆ ਹੈ । ਹੇ ਜੋਗੀ ! ਜੇ ਕੋਈ ਮਨੁੱਖ (ਤਿਆਗੀਆਂ ਵਾਲੇ) ਭੇਖ ਆਦਿਕਾਂ ਦੇ ਅਨੇਕਾਂ ਜਤਨ ਕਰਦਾ ਰਹੇ, ਤਾਂ ਭੀ ਇਹ ਰੋਗ ਦੂਰ ਨਹੀਂ ਕੀਤਾ ਜਾ ਸਕਦਾ । ੯ ।

ਹੇ ਜੋਗੀ ! (ਇਸ ਰੋਗ ਨੂੰ ਦੂਰ ਕਰਨ ਲਈ) ਪਰਮਾਤਮਾ ਦਾ ਨਾਮ (ਹੀ) ਦਵਾਈ ਹੈ (ਪਰ ਇਹ ਦਵਾਈ ਉਹੀ ਮਨੁੱਖ ਵਰਤਦਾ ਹੈ) ਜਿਸ ਉਤੇ (ਮਿਹਰ ਕਰ ਕੇ ਉਸ ਦੇ) ਮਨ ਵਿਚ (ਇਹ ਦਵਾਈ) ਵਸਾਂਦਾ ਹੈ। (ਇਸ ਭੇਤ ਨੂੰ) ਉਹੀ ਮਨੁੱਖ

ਸਮਝਦਾ ਹੈ ਜੋ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹੀ ਮਨੁੱਖ ਪ੍ਰਭੂ-ਮਿਲਾਪ ਦਾ ਢੰਗ ਸਿੱਖਦਾ ਹੈ। ੧੦।

ਹੇ ਜੋਗੀ! (ਜਿਸ ਜ਼ੋਗ ਦਾ ਅਸੀ ਜ਼ਿਕਰ ਕਰ ਰਹੇ ਹਾਂ ਉਸ) ਜੋਗ ਦਾ ਰਸਤਾ ਔਖਾ ਹੈ, ਇਹ ਰਸਤਾ ਉਸ ਮਨੁੱਖ ਨੂੰ ਲੱਭਦਾ ਹੈ ਜਿਸ ਉਤੇ (ਪ੍ਰਭੂ) ਮਿਹਰ ਦੀ ਨਿਗਾਹ ਕਰਦਾ ਹੈ। ਉਹ ਮਨੁੱਖ ਆਪਣੇ ਅੰਦਰੋਂ ਮੇਰ-ਤੇਰ ਦੂਰ ਕਰ ਲੈਂਦਾ ਹੈ, ਆਪਣੇ ਅੰਦਰ ਅਤੇ ਸਾਰੇ ਸੰਸਾਰ ਵਿਚ ਸਿਰਫ਼ ਇਕ ਪਰਮਾਤਮਾ ਨੂੰ ਹੀ ਵੇਖਦਾ ਹੈ। ੧੧।

ਹੇ ਜੋਗੀ! ਤੂੰ (ਅੰਮ੍ਰਿਤ ਨਾਮ ਦੀ) ਉਹ ਵੀਣਾ ਵਜਾਇਆ ਕਰ ਜੋ (ਅੰਤਰ ਆਤਮੇ) ਬਿਨਾ ਵਜਾਇਆਂ ਵੱਜਦੀ ਹੈ। ਨਾਨਕ ਆਖਦਾ ਹੈ—ਹੇ ਜੋਗੀ! (ਜੇ ਤੂੰ ਹਰਿ-ਨਾਮ ਸਿਮਰਨ ਦੀ ਵੀਣਾ ਵਜਾਏਂਗਾ, ਤਾਂ) ਤੂੰ ਵਿਕਾਰਾਂ ਤੋਂ ਖਲਾਸੀ (ਦਾ ਮਾਲਕ) ਹੋ ਜਾਹਿੰਗਾ, ਅਤੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਵਿਚ ਟਿਕਿਆ ਰਹੇਂਗਾ। ੧੨। ੧।

ਰਾਮਕਲੀ ਮਹਲਾ ੩ ॥ ਭਗਤਿ ਖਜਾਨਾ ਗੁਰਮੁਖਿ ਜਾਤਾ ਸਤਿਗੁਰਿ ਬੂਝਿ ਬੁਝਾਈ ॥ ੧ ॥ ਸੰਤਹੁ ਗੁਰਮੁਖਿ ਦੇਇ ਵਡਿਆਈ ॥ ੧ ॥ ਰਹਾਉ ॥ ਸਚਿ ਰਹਹੁ ਸਦਾ ਸਹਜੁ ਸੁਖੁ ਉਪਜੈ ਕਾਮੁ ਕ੍ਰੋਧੁ ਵਿਚਹੁ ਜਾਈ॥੨॥ਆਪੁ ਛੋਡਿ ਨਾਮ ਲਿਵ ਲਾਗੀ ਮਮਤਾ ਸਬਦਿ ਜਲਾਈ ॥ ੩ ॥ ਜਿਸ ਤੇ ਉਪਜੈ ਤਿਸ ਤੇ ਬਿਨਸੈ ਅੰਤੇ ਨਾਮੁ ਸਖਾਈ ॥ ੪ ॥ ਸਦਾ ਹਜੂਰਿ ਦੂਰਿ ਨਹ ਦੇਖਹੁ ਰਚਨਾ ਜਿਨਿ ਰਚਾਈ ॥ ੫ ॥ ਸਚਾ ਸਬਦੁ ਰਵੈ ਘਟ ਅੰਤਰਿ ਸਚੇ ਸਿਉ ਲਿਵ ਲਾਈ ॥੬॥ ਸਤਸੰਗਤਿ ਮਹਿ ਨਾਮੁ ਨਿਰਮੋਲਕੁ ਵਡੈ ਭਾਗਿ ਪਾਇਆ ਜਾਈ ॥ ੭ ॥ [ਪੰਨਾ ੯੧੯]

ਪਦ ਅਰਥ :—ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਨੇ। ਜਾਤਾ—ਪਛਾਣਿਆ, ਕਦਰ ਪਾਈ। ਸਤਿਗੁਰਿ—ਸਤਿਗੁਰੂ ਨੇ। ਬੂਝਿ—(ਆਪ) ਸਮਝ ਕੇ। ਬੁਝਾਈ—ਸਮਝ ਦਿੱਤੀ (ਸਿੱਖ ਨੂੰ)। ੧।

ਦੇਇ—ਦੇਂਦਾ ਹੈ। ਵਡਿਆਈ—ਇੱਜ਼ਤ-ਮਾਣ। ੧। ਰਹਾਉ।

ਸਚਿ—ਸਦਾ-ਥਿਰ ਪ੍ਰਭੂ ਵਿਚ। ਸਹਜੁ ਸੁਖੁ—ਆਤਮਕ ਅਡੋਲਤਾ ਵਾਲਾ ਸੁਖ। ਵਿਚਹੁ—ਮਨ ਦੇ ਅੰਦਰੋਂ। ੨।

ਆਪੁ—ਆਪਾ-ਭਾਵ। ਨਾਮ ਲਿਵ—ਨਾਮ ਦੀ ਲਗਨ। ਮਮਤਾ—ਮੈਂ ਮੇਰੀ ਦਾ ਸੁਭਾਉ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ੩।

ਜਿਸ ਤੇ, ਤਿਸ ਤੇ—[ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਜਿਸੁ' 'ਤਿਸੁ' ਦਾ ੁ ਉੱਡ

ਗਿਆ ਹੈ] ਜਿਸ ਪਰਮਾਤਮਾ ਤੋਂ, ਉਸ ਪ੍ਰਭੂ ਦੇ ਹੁਕਮ ਨਾਲ। ਉਪਜੈ–ਪੈਦਾ ਹੁੰਦਾ ਹੈ। ਸਖਾਈ–ਸਾਥੀ। ੪।

ਹਜੂਰਿ–ਹਾਜ਼ਰ-ਨਾਜ਼ਰ, ਅੰਗ-ਸੰਗ। ਜਿਨਿ–ਜਿਸ (ਪਰਮਾਤਮਾ) ਨੇ। ੫।

ਸਚਾ–ਸਦਾ-ਥਿਰ। ਸਚਾ ਸਬਦੁ–ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਦਾ ਸ਼ਬਦ। ਰਵੈ–ਮੌਜੂਦ ਰਹਿੰਦਾ ਹੈ। ਘਟ ਅੰਤਰਿ–ਹਿਰਦੇ ਵਿਚ। ਸਿਉ–ਨਾਲ। ਲਿਵ–ਲਗਨ। ੬।

ਨਿਰਮੋਲਕੁ–ਜਿਸ ਦੇ ਬਰਾਬਰ ਦਾ ਕੋਈ ਦੁਨੀਆਵੀ ਪਦਾਰਥ ਨਹੀਂ ਹੈ। ਵਡੈ ਭਾਗਿ–ਵੱਡੀ ਕਿਸਮਤ ਨਾਲ। ੭।

ਅਰਥ :–ਹੇ ਸੰਤ ਜਨੋ! (ਪਰਮਾਤਮਾ ਲੋਕ ਪਰਲੋਕ ਵਿਚ) ਉਸ ਮਨੁੱਖ ਨੂੰ ਇੱਜ਼ਤ ਦੇਂਦਾ ਹੈ ਜੋ ਸਦਾ ਗੁਰੂ ਦੇ ਸਨਮੁਖ ਰਹਿੰਦਾ ਹੈ। ੧। ਰਹਾਉ।

ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿਣ ਵਾਲੇ ਨੇ ਹੀ ਪਰਮਾਤਮਾ ਦੀ ਭਗਤੀ ਦੇ ਖ਼ਜ਼ਾਨੇ ਦੀ ਕਦਰ ਸਮਝੀ ਹੈ। ਗੁਰੂ ਨੇ (ਆਪ ਇਹ ਕਦਰ) ਸਮਝ (ਸਿੱਖ ਨੂੰ) ਬਖ਼ਸ਼ੀ ਹੈ। ੧।

(ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿ ਕੇ ਹੀ) ਤੁਸੀ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿ ਸਕਦੇ ਹੋ, (ਤੁਹਾਡੇ ਅੰਦਰ) ਆਤਮਕ ਅਡੋਲਤਾ ਵਾਲਾ ਸੁਖ ਪੈਦਾ ਹੋ ਸਕਦਾ ਹੈ ਅਤੇ (ਤੁਹਾਡੇ) ਅੰਦਰੋਂ ਕਾਮ ਕ੍ਰੋਧ ਦੂਰ ਹੋ ਸਕਦਾ ਹੈ। ੨।

(ਹੇ ਸੰਤ ਜਨੋ! ਗੁਰੂ ਦੇ ਸਨਮੁਖ ਮਨੁੱਖ ਨੇ ਹੀ) ਆਪਾ-ਭਾਵ ਛੱਡ ਕੇ (ਆਪਣੇ ਅੰਦਰ ਪਰਮਾਤਮਾ ਦੇ) ਨਾਮ ਦੀ ਲਗਨ ਬਣਾਈ ਹੈ ਅਤੇ (ਆਪਣੇ ਅੰਦਰੋਂ) ਮੈਂ-ਮੇਰੀ ਦੀ ਆਦਤ ਗੁਰੂ ਦੇ ਸ਼ਬਦ ਦੀ ਰਾਹੀਂ ਸਾੜੀ ਹੈ। ੩।

(ਹੇ ਸੰਤ ਜਨੋ! ਗੁਰਮੁਖਿ ਨੂੰ ਹੀ ਇਹ ਸਮਝ ਆਉਂਦੀ ਹੈ ਕਿ) ਜੀਵ ਜਿਸ ਪਰਮਾਤਮਾ ਤੋਂ ਪੈਦਾ ਹੁੰਦਾ ਹੈ ਉਸੇ ਦੇ ਹੁਕਮ ਅਨੁਸਾਰ ਹੀ ਨਾਸ ਹੋ ਜਾਂਦਾ ਹੈ, ਅਤੇ ਅਖ਼ੀਰ ਸਮੇ ਸਿਰਫ਼ ਪ੍ਰਭੂ-ਨਾਮ ਹੀ ਸਾਥੀ ਬਣਦਾ ਹੈ। ੪।

(ਹੇ ਸੰਤ ਜਨੋ!) ਜਿਸ ਪਰਮਾਤਮਾ ਨੇ ਇਹ ਜਗਤ ਦੀ ਖੇਡ ਬਣਾਈ ਹੈ ਉਸ ਨੂੰ ਇਸ ਵਿਚ ਹਰ ਥਾਂ ਹਾਜ਼ਰ-ਨਾਜ਼ਰ ਵੇਖੋ, ਇਸ ਵਿਚੋਂ ਲਾਂਭੇ ਦੂਰ ਨਾਹ ਸਮਝੋ। ੫।

(ਹੇ ਸੰਤ ਜਨੋ! ਗੁਰੂ ਦੇ ਸਨਮੁਖ ਹੋਇਆਂ ਹੀ) ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਦਾ ਸ਼ਬਦ ਮਨੁੱਖ ਦੇ ਹਿਰਦੇ ਵਿਚ ਵੱਸ ਸਕਦਾ ਹੈ ਅਤੇ ਸਦਾ-ਥਿਰ ਪ੍ਰਭੂ ਨਾਲ ਲਗਨ ਲੱਗ ਸਕਦੀ ਹੈ। ੬।

(ਹੇ ਸੰਤ ਜਨੋ! ਜਿਹੜਾ) ਹਰਿ-ਨਾਮ ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਨਹੀਂ

ਮਿਲ ਸਕਦਾ ਉਹ ਗੁਰੂ ਦੀ ਸਾਧ ਸੰਗਤਿ ਵਿਚ ਵੱਡੀ ਕਿਸਮਤ ਨਾਲ ਮਿਲ ਜਾਂਦਾ ਹੈ। ੭।

ਭਰਮਿ ਨ ਭੂਲਹੁ ਸਤਿਗੁਰੁ ਸੇਵਹੁ ਮਨੁ ਰਾਖਹੁ ਇਕ ਠਾਈ ॥ ੮ ॥ ਬਿਨੁ ਨਾਵੈ ਸਭ ਭੂਲੀ ਫਿਰਦੀ ਬਿਰਥਾ ਜਨਮੁ ਗਵਾਈ ॥ ੯ ॥ ਜੋਗੀ ਜੁਗਤਿ ਗਵਾਈ ਹੰਢੈ ਪਾਖੰਡਿ ਜੋਗੁ ਨ ਪਾਈ ॥ ੧੦ ॥ ਸਿਵ ਨਗਰੀ ਮਹਿ ਆਸਣਿ ਬੈਸੈ ਗੁਰ ਸਬਦੀ ਜੋਗੁ ਪਾਈ ॥ ੧੧ ॥ ਧਾਤੁਰ ਬਾਜੀ ਸਬਦਿ ਨਿਵਾਰੇ ਨਾਮੁ ਵਸੈ ਮਨਿ ਆਈ ॥ ੧੨ ॥ ਏਹੁ ਸਰੀਰੁ ਸਰਵਰੁ ਹੈ ਸੰਤਹੁ ਇਸਨਾਨੁ ਕਰੇ ਲਿਵ ਲਾਈ ॥੧੩॥ ਨਾਮਿ ਇਸਨਾਨੁ ਕਰਹਿ ਸੇ ਜਨ ਨਿਰਮਲ ਸਬਦੇ ਮੈਲੁ ਗਵਾਈ ॥੧੪॥ [ਪੰਨਾ ੯੦੯]

ਪਦ ਅਰਥ :–ਭਰਮਿ–ਭਟਕਣਾ ਵਿਚ (ਪੈ ਕੇ), ਭੁਲੇਖੇ ਵਿਚ। ਇਕ ਠਾਈ–ਇੱਕੋ ਥਾਂ (ਪ੍ਰਭੂ-ਚਰਨਾਂ ਵਿਚ)। ੮।

ਭੂਲੀ ਫਿਰਦੀ–ਗ਼ਲਤ ਜੀਵਨ-ਰਾਹ ਤੇ ਪਈ ਹੋਈ ਹੈ। ਬਿਰਥਾ–ਵਿਅਰਥ।੯।

ਹੰਢੈ–ਭਟਕਦਾ ਫਿਰਦਾ ਹੈ। ਪਾਖੰਡਿ–ਪਖੰਡ (ਕਰਨ) ਨਾਲ, (ਬਾਹਰਲੇ ਭੇਖ ਦੇ) ਪਖੰਡ ਨਾਲ। ਜੋਗੁ–ਪ੍ਰਭੂ-ਮਿਲਾਪ। ੧੦।

ਸਿਵ ਨਗਰੀ ਮਹਿ–ਪਰਮਾਤਮਾ ਦੇ ਸ਼ਹਰ ਵਿਚ, ਸਾਧ ਸੰਗਤਿ ਵਿਚ। ਆਸਣਿ ਆਸਣ ਉੱਤੇ। ਬੈਸੈ–ਬੈਠਦਾ ਹੈ। ਸਬਦੀ–ਸ਼ਬਦ ਦੀ ਰਾਹੀਂ। ਜੋਗੁ–ਪਰਮਾਤਮਾ ਨਾਲ ਮਿਲਾਪ। ੧੧।

ਧਾਤੁਰ ਬਾਜੀ–(ਮਾਇਆ ਦੀ ਖ਼ਾਤਰ) ਦੌੜਨ-ਭੱਜਣ ਵਾਲੀ ਖੇਡ, ਭਟਕਦੇ ਫਿਰਨ ਦੀ ਖੇਡ। ਸਬਦਿ–ਗੁਰੂ ਦੇ ਸ਼ਬਦ ਦੀ ਰਾਹੀਂ। ਮਨਿ–ਮਨ ਵਿਚ। ੧੨।

ਸਰਵਰੁ–ਸੋਹਣਾ ਸਰ, ਸੋਹਣਾ ਤਲਾਬ। ਲਿਵ–ਲਗਨ, ਪ੍ਰੇਮ ਦੀ ਲਗਨ। ਲਾਈ–ਲਾਇ, ਲਾ ਕੇ। ੧੩।

ਨਾਮਿ–ਨਾਮ ਵਿਚ। ਕਰਹਿ–ਜੋ ਬੰਦੇ ਕਰਦੇ ਹਨ। ਸਬਦੇ–ਸ਼ਬਦ ਦੀ ਰਾਹੀਂ ਹੀ। ੧੪।

ਅਰਥ :–(ਹੇ ਸੰਤ ਜਨੋ !) ਭਟਕਣਾ ਵਿਚ ਪੈ ਕੇ ਕੁਰਾਹੇ ਨਾਹ ਪਏ ਰਹੋ, ਗੁਰੂ ਦਾ ਦਰ ਮੱਲੀ ਰੱਖੋ,(ਆਪਣੇ ਮਨ ਨੂੰ ਪ੍ਰਭੂ-ਚਰਨਾਂ ਵਿਚ ਹੀ) ਇੱਕੋ ਥਾਂ ਟਿਕਾਈ ਰੱਖੋ। ੮।

(ਹੇ ਸੰਤ ਜਨੋ ! ਪਰਮਾਤਮਾ ਦੇ) ਨਾਮ ਤੋਂ ਬਿਨਾਂ ਸਾਰੀ ਲੁਕਾਈ ਕੁਰਾਹੇ ਪਈ ਹੋਈ ਹੈ, ਅਤੇ ਆਪਣਾ ਮਨੁੱਖਾ ਜਨਮ ਵਿਅਰਥ ਗੰਵਾ ਰਹੀ ਹੈ। ੯।

(ਹੇ ਸੰਤ ਜਨੋ ! ਧਾਰਮਿਕ ਭੇਖ ਦੇ) ਪਖੰਡ ਨਾਲ ਪ੍ਰਭੂ ਦਾ ਮਿਲਾਪ ਹਾਸਲ ਨਹੀਂ ਹੁੰਦਾ; (ਜਿਹੜਾ ਜੋਗੀ ਨਿਰਾ ਇਸ ਪਖੰਡ ਵਿਚ ਪਿਆ ਹੋਇਆ ਹੈ, ਉਸ) ਜੋਗੀ ਨੇ ਪ੍ਰਭੂ-ਮਿਲਾਪ ਦੀ ਜੁਗਤੀ (ਹੱਥੋਂ) ਗਵਾ ਲਈ ਹੈ,ਉਹ (ਵਿਅਰਥ) ਭਟਕਦਾ ਫਿਰਦਾ ਹੈ। ੧੦।

(ਹੇ ਸੰਤ ਜਨੋ ! ਜਿਹੜਾ ਜੋਗੀ ਗੁਰੂ ਦੇ ਸ਼ਬਦ ਵਿਚ ਜੁੜਦਾ ਹੈ, ਉਸ ਨੇ) ਗੁਰ-ਸ਼ਬਦ ਦੀ ਬਰਕਤ ਨਾਲ ਪ੍ਰਭੂ-ਮਿਲਾਪ ਹਾਸਲ ਕਰ ਲਿਆ ਹੈ, ਉਹ ਜੋਗੀ ਸਾਧ ਸੰਗਤਿ ਵਿਚ ਟਿਕਿਆ ਹੋਇਆ (ਮਾਨੋ) ਆਸਣ ਉੱਤੇ ਬੈਠਾ ਹੋਇਆ ਹੈ ।੧੧।

(ਹੇ ਸੰਤ ਜਨੋ ! ਜਿਸ ਮਨੁੱਖ ਦੇ)ਅੰਦਰ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਉਹ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਮਨ ਦੀ, ਮਾਇਆ ਪਿੱਛੇ ਭਟਕਣ ਦੀ ਖੇਡ ਮੁਕਾ ਲੈਂਦਾ ਹੈ। ੧੨।

(ਹੇ ਸੰਤ ਜਨੋ !) ਇਹ ਮਨੁੱਖ ਸਰੀਰ ਸੋਹਣਾ ਤਲਾਬ ਹੈ, ਜਿਹੜਾ ਮਨੁੱਖ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜੀ ਰੱਖਦਾ ਹੈ, (ਉਹ, ਮਾਨੋ, ਇਸ ਤਲਾਬ ਵਿਚ) ਇਸ਼ਨਾਨ ਕਰ ਰਿਹਾ ਹੈ। ੧੩।

(ਹੇ ਸੰਤ ਜਨੋ !) ਜਿਹੜੇ ਮਨੁੱਖ ਪ੍ਰਭੂ ਦੇ ਨਾਮ ਵਿਚ ਇਸ਼ਨਾਨ ਕਰਦੇ ਹਨ ਉਹ ਪਵਿੱਤਰ ਜੀਵਨ ਵਾਲੇ ਹਨ, ਉਹਨਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਆਪਣੇ ਮਨ ਦੀ ਵਿਕਾਰਾਂ ਵਾਲੀ) ਮੈਲ ਦੂਰ ਕਰ ਲਈ ਹੈ। ੧੪।

ਤ੍ਰੈਗੁਣ ਅਚੇਤ ਨਾਮੁ ਚੇਤਹਿ ਨਾਹੀ, ਬਿਨੁ ਨਾਵੈ ਬਿਨਸਿ ਜਾਈ ॥ ੧੫॥ ਬ੍ਰਹਮਾ ਬਿਸਨੁ ਮਹੇਸੁ ਤ੍ਰੈ ਮੂਰਤਿ ਤ੍ਰਿਗੁਣਿ ਭਰਮਿ ਭੁਲਾਈ ॥੧੬॥ ਗੁਰ ਪਰਸਾਦੀ ਤ੍ਰਿਕੁਟੀ ਛੂਟੈ ਚਉਥੈ ਪਦਿ ਲਿਵ ਲਾਈ ॥੧੭॥ ਪੰਡਿਤ ਪੜਹਿ ਪੜਿ ਵਾਦੁ ਵਖਾਣਹਿ ਤਿੰਨਾ ਬੂਝ ਨ ਪਾਈ ॥ ੧੮ ॥ ਬਿਖਿਆ ਮਾਤੇ ਭਰਮਿ ਭੁਲਾਏ ਉਪਦੇਸੁ ਕਹਹਿ ਕਿਸੁ ਭਾਈ ॥ ੧੯ ॥ ਭਗਤ ਜਨਾ ਕੀ ਊਤਮ ਬਾਣੀ ਜੁਗਿ ਜੁਗਿ ਰਹੀ ਸਮਾਈ ॥ ੨੦ ॥ [ਪੰਨਾ ੯੦੯]

ਪਦ ਅਰਥ :–ਤ੍ਰੈ ਗੁਣ–(ਮਾਇਆ ਦੇ ਰਜੋ ਤਮੋ ਸਤੋ)ਤਿੰਨ ਗੁਣਾਂ (ਦੇ ਪ੍ਰਭਾਵ) ਦੇ ਕਾਰਨ। ਅਚੇਤ–ਗ਼ਾਫ਼ਿਲ, ਪ੍ਰਭੂ ਦੀ ਯਾਦ ਵਲੋਂ ਬੇ-ਪਰਵਾਹ। ਬਿਨਸਿ ਜਾਈ–ਜੀਵ ਆਤਮਕ ਮੌਤੇ ਮਰ ਜਾਂਦਾ ਹੈ। ੧੫।

ਮਹੇਸੁ–ਸ਼ਿਵ। ਤ੍ਰੈ ਮੂਰਤਿ–ਤਿੰਨ ਗੁਣਾਂ ਨਾਲ ਇਕ-ਮਿੱਕ, ਤਿੰਨ ਗੁਣਾਂ ਦੇ ਪੂਰਨ ਪ੍ਰਭਾਵ ਹੇਠ। ਭਰਮਿ–ਭਰਮ ਵਿਚ, ਭਟਕਣਾ ਵਿਚ। ਭੁਲਾਈ–ਕੁਰਾਹੇ ਪੈ ਜਾਂਦਾ ਹੈ। ੧੬।

ਗੁਰ ਪਰਸਾਦੀ—ਗੁਰੂ ਦੀ ਕਿਰਪਾ ਨਾਲ। ਤ੍ਰਿਕੁਟੀ—[ਤ੍ਰਿ-ਕੁਟੀ—ਤਿੰਨ ਵਿੰਗੀਆਂ ਲਕੀਰਾਂ ਜੋ ਮਨ ਦੀ ਖਿੱਝ ਵੇਲੇ ਮਨੁੱਖ ਦੇ ਮੱਥੇ ਉਤੇ ਪੈ ਜਾਂਦੀਆਂ ਹਨ] ਤ੍ਰਿਊੜੀ। ਪਦਿ—ਦਰਜੇ ਵਿਚ। ਚਉਥੇ ਪਦਿ—ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਉਤਾਂਹ ਚੌਥੀ ਆਤਮਕ ਅਵਸਥਾ ਵਿਚ। ਲਿਵ—ਸੁਰਤਿ। ੧੭।

ਪੜਹਿ—ਪੜ੍ਹਦੇ ਹਨ [ਬਹੁ ਵਚਨ]। ਪੜਿ—(ਵੇਦ ਆਦਿਕ ਧਰਮ-ਪੁਸਤਕਾਂ) ਪੜ੍ਹ ਕੇ। ਵਾਦੁ—ਝਗੜਾ, (ਦੇਵਤਿਆਂ ਆਦਿਕ ਦਾ ਪਰਸਪਰ) ਲੜਾਈ-ਝਗੜਾ। ਵਖਾਣਹਿ—ਬਿਆਨ ਕਰਦੇ ਹਨ, ਸ੍ਰੋਤਿਆਂ ਨੂੰ ਸੁਣਾਂਦੇ ਹਨ। ਬੂਝ—(ਆਤਮਕ ਜੀਵਨ ਦੀ) ਸੂਝ। ਤਿੰਨਾ—ਉਹਨਾਂ (ਪੰਡਿਤਾਂ) ਨੇ। ੧੮।

ਬਿਖਿਆ—ਮਾਇਆ। ਮਾਤੇ—ਮਸਤ। ਕਿਸੁ—ਹੋਰ ਕਿਸ ਨੂੰ? ਭਾਈ—ਹੇ ਭਾਈ! ੧੯।

ਜੁਗਿ—ਜੁਗ ਵਿਚ। ਜੁਗਿ ਜੁਗਿ—ਹਰੇਕ ਜੁਗ ਵਿਚ, ਹਰੇਕ ਸਮੇ ਵਿਚ। ਰਹੀ ਸਮਾਈ—(ਸਭਨਾਂ ਦੇ ਦਿਲਾਂ ਵਿਚ) ਰਹਿੰਦੀ ਹੈ, (ਸਭਨਾਂ ਉਤੇ) ਪ੍ਰਭਾਵ ਪਾਂਦੀ ਹੈ। ਭਗਤ ਜਨਾਂ ਕੀ ਬਾਣੀ—ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਦੇ ਬੋਲੇ ਹੋਏ ਬਚਨ। ੨੦।

ਅਰਥ :—(ਹੇ ਸੰਤ ਜਨੋ! ਪ੍ਰਭੂ ਦੀ ਮਾਇਆ ਬੜੀ ਪ੍ਰਬਲ ਹੈ) ਮਾਇਆ ਦੇ ਤਿੰਨ ਗੁਣਾਂ ਦੇ ਕਾਰਨ (ਜੀਵ ਪ੍ਰਭੂ ਦੀ ਯਾਦ ਵੱਲੋਂ) ਬੇ-ਪਰਵਾਹ ਰਹਿੰਦੇ ਹਨ, (ਪ੍ਰਭੂ ਦਾ) ਨਾਮ ਯਾਦ ਨਹੀਂ ਕਰਦੇ। (ਹੇ ਸੰਤ ਜਨੋ! ਪਰਮਾਤਮਾ ਦੇ) ਨਾਮ ਤੋਂ ਬਿਨਾ ਹਰੇਕ ਜੀਵ ਆਤਮਕ ਮੌਤ ਸਹੇੜ ਲੈਂਦਾ ਹੈ। ੧੫।

(ਹੇ ਸੰਤ ਜਨੋ! ਕੋਈ ਵੱਡੇ ਤੋਂ ਵੱਡਾ ਭੀ ਹੋਵੇ) ਬ੍ਰਹਮਾ (ਹੋਵੇ) ਵਿਸ਼ਨੂ (ਹੋਵੇ) ਸ਼ਿਵ (ਹੋਵੇ) (ਪਰਮਾਤਮਾ ਦੇ ਨਾਮ ਤੋਂ ਬਿਨਾ ਹਰੇਕ ਜੀਵ ਮਾਇਆ ਦੇ) ਤਿੰਨ ਗੁਣਾਂ ਦੇ ਪੂਰਨ ਪ੍ਰਭਾਵ ਹੇਠ ਰਹਿੰਦਾ ਹੈ। ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਦੇ ਕਾਰਨ(ਪ੍ਰਭੂ-ਚਰਨਾਂ ਤੋਂ ਖੁੰਝਿਆ ਹੋਇਆ ਹਰੇਕ ਜੀਵ) ਭਟਕਣਾ ਵਿਚ ਪੈ ਕੇ ਕੁਰਾਹੇ ਪੈ ਜਾਂਦਾ ਹੈ। ੧੬।

(ਹੇ ਸੰਤ ਜਨੋ!) ਗੁਰੂ ਦੀ ਕਿਰਪਾ ਨਾਲ (ਪ੍ਰਭੂ-ਨਾਮ ਦੀ ਰਾਹੀਂ ਜਿਸ ਮਨੁੱਖ ਦੀ) ਤ੍ਰਿਊੜੀ (ਭਾਵ, ਮਨ ਦੀ ਖਿੱਝ) ਦੂਰ ਹੁੰਦੀ ਹੈ, (ਉਹ ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਉਤਾਂਹ ਰਹਿ ਕੇ) ਚੌਥੀ ਆਤਮਕ ਅਸਵਥਾ ਵਿਚ ਟਿਕ ਕੇ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜਦਾ ਹੈ। ੧੭।

(ਹੇ ਸੰਤ ਜਨੋ!) ਪੰਡਿਤ ਲੋਕ (ਪੁਰਾਣ ਆਦਿਕ ਪੁਸਤਕਾਂ)ਪੜ੍ਹਦੇ ਹਨ, ਇਹਨਾਂ ਨੂੰ ਪੜ੍ਹ ਕੇ (ਸ੍ਰੋਤਿਆਂ ਨੂੰ ਦੇਵਤਿਆਂ ਆਦਿਕ ਦਾ ਪਰਸਪਰ) ਲੜਾਈ-ਝਗੜਾ ਸੁਣਾਂਦੇ

ਹਨ, (ਪਰ ਇਸ ਤਰ੍ਹਾਂ) ਉਹਨਾਂ ਨੂੰ (ਆਪ ਨੂੰ ਉੱਚੇ ਆਤਮਕ ਜੀਵਨ ਦੀ) ਸੂਝ ਨਹੀਂ ਪੈਂਦੀ। ੧੮।

ਮਾਇਆ ਦੇ ਮੋਹ ਵਿਚ ਫਸੇ ਹੋਏ (ਉਹ ਪੰਡਿਤ ਲੋਕ) ਭਟਕਣਾ ਦੇ ਕਾਰਨ (ਆਪ) ਕੁਰਾਹੇ ਪਏ ਰਹਿੰਦੇ ਹਨ। ਫਿਰ ਹੇ ਭਾਈ! ਉਹ ਹੋਰ ਕਿਸ ਨੂੰ ਸਿੱਖਿਆ ਦੇਂਦੇ ਹਨ? (ਉਹਨਾਂ ਦੀ ਸਿੱਖਿਆ ਦਾ ਕਿਸੇ ਹੋਰ ਨੂੰ ਕੋਈ ਲਾਭ ਨਹੀਂ ਹੋ ਸਕਦਾ)।੧੯।

ਹੇ ਸੰਤ ਜਨੋ! ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦਿਆਂ ਦਾ ਬੋਲ ਸ਼੍ਰੇਸ਼ਟ ਹੋਇਆ ਕਰਦਾ ਹੈ। ਉਹ ਬੋਲ ਹਰੇਕ ਜੁਗ ਵਿਚ ਹੀ (ਹਰੇਕ ਸਮੇ ਹੀ ਸਭਨਾਂ ਉਤੇ) ਆਪਣਾ ਪ੍ਰਭਾਵ ਪਾਂਦਾ ਹੈ। ੨੦।

ਬਾਣੀ ਲਾਗੈ ਸੋ ਗਤਿ ਪਾਏ ਸਬਦੇ ਸਚਿ ਸਮਾਈ॥੨੧॥ ਕਾਇਆ ਨਗਰੀ ਸਬਦੇ ਖੋਜੇ ਨਾਮੁ ਨਵੰਨਿਧਿ ਪਾਈ ॥੨੨॥ ਮਨਸਾ ਮਾਰਿ ਮਨੁ ਸਹਜਿ ਸਮਾਣਾ ਬਿਨੁ ਰਸਨਾ ਉਸਤਤਿ ਕਰਾਈ ॥ ੨੩ ॥ ਲੋਇਣ ਦੇਖਿ ਰਹੇ ਬਿਸਮਾਦੀ ਚਿਤੁ ਅਦਿਸਟਿ ਲਗਾਈ ॥੨੪॥ ਅਦਿਸਟੁ ਸਦਾ ਰਹੈ ਨਿਰਾਲਮੁ ਜੋਤੀ ਜੋਤਿ ਮਿਲਾਈ ॥ ੨੫ ॥ ਹਉ ਗੁਰੁ ਸਾਲਾਹੀ ਸਦਾ ਆਪਣਾ ਜਿਨਿ ਸਾਚੀ ਬੂਝ ਬੁਝਾਈ ॥ ੨੬ ॥ ਨਾਨਕੁ ਏਕ ਕਹੈ ਬੇਨੰਤੀ ਨਾਵਹੁ ਗਤਿ ਪਤਿ ਪਾਈ ॥੨੭॥੨॥ [ਪੰਨਾ ੯੧੦]

ਪਦ ਅਰਥ —ਲਾਗੈ—ਲੱਗਦਾ ਹੈ, ਸੁਰਤਿ ਜੋੜਦਾ ਹੈ। ਗਤਿ—ਉੱਚੀ ਆਤਮਕ ਅਵਸਥਾ। ਸਬਦੇ—ਸ਼ਬਦ ਦੀ ਰਾਹੀਂ। ਸਚਿ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ। ੨੧।

ਕਾਇਆ—ਸਰੀਰ। ਨਵੰਨਿਧਿ—ਨੌ ਖ਼ਜ਼ਾਨੇ (ਕੁਬੇਰ ਦੇਵਤੇ)। ੨੨।

ਮਨਸਾ—ਮਨ ਦਾ ਮਾਇਕ ਫੁਰਨਾ। ਮਾਰਿ—ਮਾਰ ਕੇ। ਸਹਜਿ—ਆਤਮਕ ਅਡੋਲਤਾ ਵਿਚ। ਰਸਨਾ—ਜੀਭ। ੨੩।

ਲੋਇਣ—ਅੱਖਾਂ। ਬਿਸਮਾਦੀ—ਹੈਰਾਨ (ਹੋ ਕੇ), ਵਿਸਮਾਦ-ਅਵਸਥਾ ਵਿਚ ਪਹੁੰਚ ਕੇ। ਅਦਿਸਟਿ—ਅਦ੍ਰਿਸ਼ਟ ਪ੍ਰਭੂ ਵਿਚ। ੨੪।

ਨਿਰਾਲਮੁ—ਨਿਰਲੇਪ। ੨੫।

ਹਉ—ਮੈਂ। ਸਾਲਾਹੀ—ਸਾਲਾਹੀਂ, ਮੈਂ ਸਲਾਹੁੰਦਾ ਹਾਂ। ਜਿਨਿ—ਜਿਸ (ਗੁਰੂ) ਨੇ। ਸਾਚੀ ਬੂਝ—ਸਦਾ-ਥਿਰ ਪ੍ਰਭੂ ਦੀ ਸੂਝ। ੨੬।

ਨਾਵਹੁ—ਪ੍ਰਭੂ ਦੇ ਨਾਮ ਤੋਂ ਹੀ। ਗਤਿ—ਉੱਚੀ ਆਤਮਕ ਅਵਸਥਾ। ੨੭।

ਅਰਥ :—(ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੀ) ਬਾਣੀ ਵਿਚ ਸੁਰਤਿ

ਜੋੜਦਾ ਹੈ, ਉਹ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ; ਗੁਰੂ ਦੇ ਸ਼ਬਦ ਦੀ ਰਾਹੀਂ ਉਹ ਸਦਾ-ਥਿਰ ਪ੍ਰਭੂ ਵਿਚ ਲੀਨ ਰਹਿੰਦਾ ਹੈ । ੨੧ ।

(ਹੇ ਸੰਤ ਜਨੋ ! ਜਿਹੜਾ ਮਨੁੱਖ ਗੁਰੂ ਦੇ) ਸ਼ਬਦ ਦੀ ਰਾਹੀਂ ਆਪਣੇ ਸਰੀਰ-ਨਗਰ ਨੂੰ ਖੋਜਦਾ ਹੈ (ਆਪਣੇ ਜੀਵਨ ਦੀ ਪੜਤਾਲ ਕਰਦਾ ਰਹਿੰਦਾ ਹੈ, ਉਹ ਮਨੁੱਖ) ਪਰਮਾਤਮਾ ਦਾ ਨਾਮ-ਖ਼ਜ਼ਾਨਾ ਲੱਭ ਲੈਂਦਾ ਹੈ । ੨੨ ।

ਉਹ ਮਨੁੱਖ ਮਨ ਦੇ ਮਾਇਕ ਫੁਰਨੇ ਨੂੰ ਮਾਰ ਕੇ ਆਪਣੇ ਮਨ ਨੂੰ ਆਤਮਕ ਅਡੋਲਤਾ ਵਿਚ ਟਿਕਾ ਲੈਂਦਾ ਹੈ;ਉਹ ਮਨੁੱਖ ਜੀਭ ਨੂੰ ਪਦਾਰਥਾਂ ਦੇ ਰਸਾਂ ਵਲੋਂ ਹਟਾ ਕੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਵਿਚ ਜੋੜਦਾ ਹੈ । ੨੩ ।

ਉਸ ਮਨੁੱਖ ਦੀਆਂ ਅੱਖਾਂ (ਦੁਨੀਆ ਦੇ ਪਦਰਥਾਂ ਵਲੋਂ ਹਟ ਕੇ) ਅਸਚਰਜ-ਰੂਪ ਪਰਮਾਤਮਾ ਨੂੰ (ਹਰ ਥਾਂ) ਵੇਖਦੀਆਂ ਹਨ,ਉਸ ਦਾ ਚਿੱਤ ਅਦ੍ਰਿਸ਼ਟ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ । ੨੪ ।

(ਹੇ ਸੰਤ ਜਨੋ ! ਉਸ ਮਨੁੱਖ ਦੀ)ਜੋਤਿ ਉਸ ਨੂਰੋ-ਨੂਰ-ਪ੍ਰਭੂ ਵਿਚ ਮਿਲੀ ਰਹਿੰਦੀ ਹੈ ਜੋ ਇਹਨਾਂ ਅੱਖਾਂ ਨਾਲ ਨਹੀਂ ਦਿੱਸਦਾ, ਤੇ, ਜੋ ਸਦਾ ਨਿਰਲੇਪ ਰਹਿੰਦਾ ਹੈ । ੨੫ ।

ਹੇ ਸੰਤ ਜਨੋ ! ਮੈਂ ਭੀ ਆਪਣੇ ਉਸ ਗੁਰੂ ਨੂੰ ਹੀ ਸਦਾ ਵਡਿਆਉਂਦਾ ਰਹਿੰਦਾ ਹਾਂ ਜਿਸ ਨੇ (ਮੈਨੂੰ) ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਸੂਝ ਬਖ਼ਸ਼ੀ ਹੈ ।੨੬।

ਹੇ ਸੰਤ ਜਨੋ ! ਨਾਨਕ ਇਕ ਇਹ ਬੇਨਤੀ ਕਰਦਾ ਹੈ (ਕਿ ਪਰਮਾਤਮਾ ਦਾ ਨਾਮ ਜਪਿਆ ਕਰੋ) ਨਾਮ ਤੋਂ ਹੀ ਉੱਚੀ ਆਤਮਕ ਅਵਸਥਾ ਪ੍ਰਾਪਤ ਹੁੰਦੀ ਹੈ, ਨਾਮ ਤੋਂ ਹੀ (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ । ੨੭ । ੨ ।

ਰਾਮਕਲੀ ਮਹਲਾ ੩॥ ਹਰਿ ਕੀ ਪੂਜਾ ਦੁਲੰਭ ਹੈ ਸੰਤਹੁ ਕਹਣਾ ਕਛੂ ਨ ਜਾਈ ॥ ੧ ॥ ਸੰਤਹੁ ਗੁਰਮੁਖਿ ਪੂਰਾ ਪਾਈ ॥ ਨਾਮੋ ਪੂਜ ਕਰਾਈ ॥ ੧॥ ਰਹਾਉ ॥ ਹਰਿ ਬਿਨੁ ਸਭੁ ਕਿਛੁ ਮੈਲਾ ਸੰਤਹੁ ਕਿਆ ਹਉ ਪੂਜ ਚੜਾਈ ॥ ੨ ॥ ਹਰਿ ਸਾਚੇ ਭਾਵੈ ਸਾ ਪੂਜਾ ਹੋਵੈ ਭਾਣਾ ਮਨਿ ਵਸਾਈ ॥ ੩॥ ਪੂਜਾ ਕਰੈ ਸਭੁ ਲੋਕੁ ਸੰਤਹੁ ਮਨਮੁਖਿ ਥਾਇ ਨ ਪਾਈ ॥੪॥ ਸਬਦਿ ਮਰੈ ਮਨੁ ਨਿਰਮਲੁ ਸੰਤਹੁ ਏਹ ਪੂਜਾ ਥਾਇ ਪਾਈ ॥੫॥ ਪਵਿਤ ਪਾਵਨ ਸੇ ਜਨ ਸਾਚੇ ਏਕ ਸਬਦਿ ਲਿਵ ਲਾਈ ॥ ੬ ॥ ਬਿਨੁ ਨਾਵੈ ਹੋਰ ਪੂਜ ਨ ਹੋਵੀ ਭਰਮਿ ਭੁਲੀ ਲੋਕਾਈ ॥ ੭॥ [ਪੰਨਾ ੯੧੦]

ਪਦ ਅਰਥ :—ਦੁਲੰਭ—ਦੁਰਲੱਭ, ਜੋ ਬੜੀ ਮੁਸ਼ਕਿਲ ਨਾਲ ਮਿਲੇ । ਸੰਤਹੁ—ਹੇ ਸੰਤ ਜਨੋ ! ਕਛੂ ਨ—ਕੁਝ ਭੀ ਨਹੀਂ।ਕਹਣਾ ਜਾਈ—ਕਿਹਾ ਜਾ ਸਕਦਾ । ੧ ।

ਗੁਰਮੁਖਿ—ਉਹ ਮਨੁੱਖ ਜੋ ਗੁਰੂ ਦੀ ਸਰਨ ਪੈਂਦਾ ਹੈ। ਪੂਰਾ—ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ। ਨਾਮੋ—ਨਾਮ ਹੀ, ਨਾਮ ਜਪਣਾ ਹੀ। ਪੂਜ—ਪੂਜਾ। ਕਰਾਈ—(ਗੁਰੂ) ਕਰਾਂਦਾ ਹੈ।੧। ਰਹਾਉ।

ਕਿਆ ਪੂਜ—ਪੂਜਾ ਕਰਨ ਵਾਸਤੇ ਕਿਹੜੀ ਚੀਜ਼? ਹਉ ਚੜਾਈ—ਹਉਂ ਚੜ੍ਹਾਈਂ, ਮੈਂ ਭੇਟਾ ਕਰਾਂ।੨।

ਸਾਚਾ—ਸਦਾ ਥਿਰ ਰਹਿਣ ਵਾਲਾ। ਸਾਚੇ ਭਾਵੈ—ਸਾਚੇ (ਭਾਣਾ) ਭਾਵੈ, ਜੇ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਰਜ਼ਾ ਚੰਗੀ ਲੱਗਣ ਲੱਗ ਪਏ। ਸਾ—ਉਹੀ, ਰਜ਼ਾ ਮਿੱਠੀ ਲੱਗਣੀ ਹੀ। ਮਨਿ—ਮਨ ਵਿਚ। ਵਸਾਈ—ਵਸਾਂਦਾ ਹੈ।੩।

ਸਭੁ ਲੋਕੁ—ਸਾਰਾ ਜਗਤ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ। ਥਾਇ—ਥਾਂ ਵਿਚ, ਥਾਂ ਸਿਰ। ਥਾਇ ਨ ਪਾਈ—ਕਬੂਲ ਨਹੀਂ ਹੁੰਦੀ।੪।

ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਮਰੈ—(ਵਿਕਾਰਾਂ ਦੀ ਪ੍ਰੇਰਨਾ ਵਲੋਂ) ਮਰਦਾ ਹੈ, ਵਿਕਾਰਾਂ ਦਾ ਪ੍ਰਭਾਵ ਆਪਣੇ ਉੱਤੇ ਪੈਣ ਨਹੀਂ ਦੇਂਦਾ। ਨਿਰਮਲੁ—ਪਵਿੱਤਰ।੫।

ਪਵਿਤ—ਪਵਿੱਤਰ। ਪਾਵਨ—ਪਵਿੱਤਰ। ਸੇ—ਉਹ [ਬਹੁ ਵਚਨ]। ਸਾਚੇ—ਸਦਾ-ਥਿਰ ਪ੍ਰਭੂ ਨਾਲ ਇਕ-ਮਿਕ। ਲਿਵ ਲਾਈ—ਸੁਰਤਿ ਜੋੜੀ।੬।

ਨ ਹੋਵੀ—ਨਹੀਂ ਹੋ ਸਕਦੀ। ਭਰਮਿ—ਭੁਲੇਖੇ ਵਿਚ (ਪੈ ਕੇ)। ਭੂਲੀ—ਕੁਰਾਹੇ ਪਈ ਹੋਈ ਹੈ। ਲੋਕਾਈ—ਦੁਨੀਆ।੭।

ਅਰਥ :—ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ, ਉਹ ਸਾਰੇ ਗੁਣਾਂ ਨਾਲ ਭਰਪੂਰ ਪ੍ਰਭੂ ਨੂੰ ਲੱਭ ਲੈਂਦਾ ਹੈ। ਨਾਮ ਜਪੋ, ਨਾਮ ਹੀ ਜਪੋ—ਗੁਰੂ ਇਹ ਪੂਜਾ ਕਰਾਂਦਾ ਹੈ।੧। ਰਹਾਉ।

ਹੇ ਸੰਤ ਜਨੋ! ਪਰਮਾਤਮਾ ਦੀ ਪੂਜਾ-ਭਗਤੀ ਬੜੀ ਔਖਿਆਈ ਨਾਲ ਮਿਲਦੀ ਹੈ। ਪ੍ਰਭੂ ਦੀ ਪੂਜਾ ਕਿਤਨੀ ਦੁਰਲੱਭ ਹੈ—ਇਸ ਬਾਬਤ ਕੁਝ ਭੀ ਦੱਸਿਆ ਨਹੀਂ ਜਾ ਸਕਦਾ।੧।

(ਹੇ ਸੰਤ ਜਨੋ! ਦੁਨੀਆ ਦੇ ਲੋਕ ਫੁੱਲ ਪੱਤਰਾਂ ਆਦਿਕ ਨਾਲ ਦੇਵਤਿਆਂ ਦੀ ਪੂਜਾ ਕਰਦੇ ਹਨ, ਪਰ) ਹੇ ਸੰਤ ਜਨੋ! ਮੈਂ (ਪਰਮਾਤਮਾ ਦੀ ਪੂਜਾ ਕਰਨ ਵਾਸਤੇ) ਕਿਹੜੀ ਚੀਜ਼ ਉਸ ਅੱਗੇ ਭੇਟਾ ਕਰਾਂ? ਉਸ ਪ੍ਰਭੂ ਦੇ ਨਾਮ ਤੋਂ ਬਿਨਾ (ਨਾਮ ਦੇ ਟਾਕਰੇ ਤੇ) ਹੋਰ ਹਰੇਕ ਚੀਜ਼ ਮੈਲੀ ਹੈ।੨।

ਹੇ ਸੰਤ ਜਨੋ! ਜੇ ਕਿਸੇ ਮਨੁੱਖ ਨੂੰ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੀ ਰਜ਼ਾ ਚੰਗੀ ਲੱਗਣ ਲੱਗ ਪਏ ਤਾਂ ਉਸ ਵਲੋਂ ਇਹੀ ਪਰਮਾਤਮਾ ਦੀ ਪੂਜਾ ਹੈ। (ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪਰਮਾਤਮਾ ਦੀ) ਰਜ਼ਾ ਨੂੰ ਹੀ ਆਪਣੇ ਮਨ ਵਿਚ

ਵਸਾਂਦਾ ਹੈ (ਰਜ਼ਾ ਨੂੰ ਹੀ ਚੰਗੀ ਜਾਣਦਾ ਹੈ)। ੩।

ਹੇ ਸੰਤ ਜਨੋ! ਸਾਰਾ ਜਗਤ (ਆਪਣੇ ਵਲੋਂ) ਪੂਜਾ ਕਰਦਾ ਹੈ, ਪਰ ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਦੀ ਕੀਤੀ ਹੋਈ ਕੋਈ ਭੀ ਪੂਜਾ (ਪਰਮਾਤਮਾ ਦੀ ਹਜ਼ੂਰੀ ਵਿਚ) ਕਬੂਲ ਨਹੀਂ ਹੁੰਦੀ। ੪।

ਹੇ ਸੰਤ ਜਨੋ! ਜਿਹੜਾ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਵਿਕਾਰਾਂ ਦਾ ਪ੍ਰਭਾਵ ਆਪਣੇ ਉੱਤੇ ਨਹੀਂ ਪੈਣ ਦੇਂਦਾ ਉਸ ਦਾ ਮਨ ਪਵਿੱਤਰ ਹੋ ਜਾਂਦਾ ਹੈ। ਉਸ ਦੀ ਇਹ ਪੂਜਾ ਪ੍ਰਭੂ-ਦਰ ਤੇ ਪਰਵਾਨ ਹੋ ਜਾਂਦੀ ਹੈ। ੫।

ਹੇ ਸੰਤ ਜਨੋ! ਅਜਿਹੇ ਬੰਦੇ ਪਵਿੱਤਰ ਜੀਵਨ ਵਾਲੇ ਹੋ ਜਾਂਦੇ ਹਨ, ਸਦਾ ਥਿਰ ਰਹਿਣ ਵਾਲੇ ਪ੍ਰਭੂ ਨਾਲ ਇਕ-ਮਿਕ ਹੋ ਜਾਂਦੇ ਹਨ; ਗੁਰੂ ਦੇ ਸ਼ਬਦ ਦੀ ਰਾਹੀਂ ਉਹ ਬੰਦੇ ਇਕ ਪਰਮਾਤਮਾ ਵਿਚ ਸੁਰਤਿ ਜੋੜੀ ਰੱਖਦੇ ਹਨ। ੬।

ਹੇ ਸੰਤ ਜਨੋ! ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਪਰਮਾਤਮਾ ਦੀ ਕਿਸੇ ਹੋਰ ਕਿਸਮ ਦੀ ਪੂਜਾ ਨਹੀਂ ਹੋ ਸਕਦੀ। (ਨਾਮ ਤੋਂ ਖੁੰਝ ਕੇ)ਭੁਲੇਖੇ ਵਿਚ ਪੈ ਕੇ ਦੁਨੀਆ ਕੁਰਾਹੇ ਪਈ ਰਹਿੰਦੀ ਹੈ। ੭।

ਗੁਰਮੁਖਿ ਆਪੁ ਪਛਾਣੈ ਸੰਤਹੁ ਰਾਮ ਨਾਮਿ ਲਿਵ ਲਾਈ ॥ ੮॥ ਆਪੇ ਨਿਰਮਲੁ ਪੂਜ ਕਰਾਏ ਗੁਰ ਸਬਦੀ ਥਾਇ ਪਾਈ ॥੯॥ ਪੂਜਾ ਕਰਹਿ ਪਰੁ ਬਿਧਿ ਨਹੀ ਜਾਣਹਿ ਦੂਜੈ ਭਾਇ ਮਲੁ ਲਾਈ ॥੧੦॥ ਗੁਰਮੁਖਿ ਹੋਵੈ ਸੁ ਪੂਜਾ ਜਾਣੈ ਭਾਣਾ ਮਨਿ ਵਸਾਈ ॥ ੧੧ ॥ ਭਾਣੇ ਤੇ ਸਭਿ ਸੁਖ ਪਾਵੈ ਸੰਤਹੁ ਅੰਤੇ ਨਾਮੁ ਸਖਾਈ ॥ ੧੨ ॥ ਆਪਣਾ ਆਪੁ ਨ ਪਛਾਣਹਿ ਸੰਤਹੁ ਕੂੜਿ ਕਰਹਿ ਵਡਿਆਈ ॥੧੩॥ ਪਾਖੰਡਿ ਕੀਨੈ ਜਮੁ ਨਹੀ ਛੋਡੈ ਲੈ ਜਾਸੀ ਪਤਿ ਗਵਾਈ ॥ ੧੪ ॥ [ਪੰਨਾ ੯੧੦]

ਪਦ ਅਰਥ :—ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਆਪੁ-ਆਪਣੇ ਆਪ ਨੂੰ; ਆਪਣੇ ਜੀਵਨ ਨੂੰ। ਪਛਾਣੈ—ਪਰਖਦਾ ਰਹਿੰਦਾ ਹੈ, ਪੜਤਾਲਦਾ ਰਹਿੰਦਾ ਹੈ। ਨਾਮਿ—ਨਾਮ ਵਿਚ। ੮।

ਆਪੇ—(ਪ੍ਰਭੂ) ਆਪ ਹੀ। ਨਿਰਮਲੁ—ਪਵਿੱਤਰ। ਗੁਰ ਸਬਦੀ—ਗੁਰੂ ਦੇ ਸ਼ਬਦ ਦੀ ਰਾਹੀਂ। ਥਾਇ ਪਾਈ—ਕਬੂਲ ਕਰਦਾ ਹੈ। ੯।

ਕਰਹਿ—ਕਰਦੇ ਹਨ। ਪਰੁ—ਪਰੰਤੂ। ਬਿਧਿ—ਸਹੀ ਤਰੀਕਾ। ਦੂਜੈ ਭਾਇ—(ਪ੍ਰਭੂ ਤੋਂ ਬਿਨਾ) ਕਿਸੇ ਹੋਰ ਪਿਆਰ ਵਿਚ। ਭਾਇ—[ਲਫ਼ਜ਼ 'ਭਾਉ' ਤੋਂ ਅਧਿਕਰਣ ਕਾਰਕ, ਇਕ ਵਚਨ]। ਮਲੁ—ਵਿਕਾਰਾਂ ਦੀ ਮੈਲ। ੧੦।

ਸੁ—ਉਹ ਮਨੁੱਖ। ਮਨਿ—ਮਨ ਵਿਚ। ਭਾਣਾ—ਪ੍ਰਭੂ ਦੀ ਰਜ਼ਾ। ਵਸਾਈ—ਵਸਾਂਦਾ ਹੈ।੧੧।

ਤੇ—ਤੋਂ। ਭਾਣੇ ਤੇ—ਭਾਣਾ ਮੰਨਣ ਤੋਂ। ਸਭਿ—ਸਾਰੇ। ਅੰਤੇ—ਅਖ਼ੀਰ ਵੇਲੇ। ਸਖਾਈ—ਸਾਥੀ।੧੨।

ਕੂੜਿ—ਕੂੜ ਵਿਚ, ਮਾਇਆ ਦੇ ਮੋਹ ਵਿਚ (ਫਸੇ ਹੋਏ)। ਕਰਹਿ—ਕਰਦੇ ਹਨ।੧੩।

ਪਾਖੰਡਿ—ਪਖੰਡ ਦੇ ਕਾਰਨ। ਪਾਖੰਡਿ ਕੀਨੈ—ਪਖੰਡ ਕਰਨ ਦੇ ਕਾਰਨ। ਲੈ ਜਾਈ—ਲੈ ਜਾਇਗਾ। ਪਤਿ—ਇੱਜ਼ਤ। ਗਵਾਈ—ਗਵਾਇ, ਗਵਾ ਕੇ।੧੪।

ਅਰਥ :—ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਆਪਣੇ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ, ਤੇ, ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ।੮।

ਹੇ ਸੰਤ ਜਨੋ! ਪਵਿੱਤਰ ਪ੍ਰਭੂ ਆਪ ਹੀ (ਜੀਵ ਨੂੰ ਗੁਰੂ ਦੇ ਸ਼ਬਦ ਵਿਚ ਜੋੜ ਕੇ ਉਸ ਪਾਸੋਂ ਆਪਣੀ) ਪੂਜਾ-ਭਗਤੀ ਕਰਾਂਦਾ ਹੈ, ਤੇ, ਗੁਰੂ ਦੇ ਸ਼ਬਦ ਵਿਚ ਉਸ ਦੀ ਲੀਨਤਾ ਦੇ ਕਾਰਨ ਉਸ ਦੀ ਕੀਤੀ ਪੂਜਾ ਪਰਵਾਨ ਕਰਦਾ ਹੈ।੯।

(ਹੇ ਸੰਤ ਜਨੋ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਪ੍ਰਭੂ ਦੀ) ਪੂਜਾ ਤਾਂ ਕਰਦੇ ਹਨ, ਪਰੰਤੂ (ਪੂਜਾ ਦਾ) ਸਹੀ ਤਰੀਕਾ ਨਹੀਂ ਜਾਣਦੇ। ਮਾਇਆ ਦੇ ਪਿਆਰ ਵਿਚ ਫਸ ਕੇ (ਮਨਮੁਖ ਮਨੁੱਖ ਆਪਣੇ ਮਨ ਨੂੰ ਵਿਕਾਰਾਂ ਦੀ) ਮੈਲ ਚੰਬੋੜੀ ਰੱਖਦਾ ਹੈ।੧੦।

(ਹੇ ਸੰਤ ਜਨੋ!) ਜਿਹੜਾ ਮਨੁੱਖ ਗੁਰੂ ਦੇ ਸਨਮੁਖ ਹੁੰਦਾ ਹੈ ਉਹ ਪਰਮਾਤਮਾ ਦੀ ਭਗਤੀ ਕਰਨੀ ਜਾਣਦਾ ਹੈ (ਉਹ ਜਾਣਦਾ ਹੈ ਕਿ ਪ੍ਰਭੂ ਦੀ ਰਜ਼ਾ ਵਿਚ ਰਾਜ਼ੀ ਰਹਿਣਾ ਪ੍ਰਭੂ ਦੀ ਭਗਤੀ ਹੈ, ਇਸ ਵਾਸਤੇ ਉਹ ਪ੍ਰਭੂ ਦੀ) ਰਜ਼ਾ ਨੂੰ ਆਪਣੇ ਮਨ ਵਿਚ ਵਸਾਂਦਾ ਹੈ।੧੧।

ਹੇ ਸੰਤ ਜਨੋ! ਗੁਰਮੁਖ ਮਨੁੱਖ ਭਾਣਾ ਮੰਨਣ ਤੋਂ (ਹੀ ਇਸ ਲੋਕ ਵਿਚ) ਸਾਰੇ ਸੁਖ ਪ੍ਰਾਪਤ ਕਰ ਲੈਂਦਾ ਹੈ; ਅਖ਼ੀਰ ਵੇਲੇ ਭੀ ਪ੍ਰਭੂ ਦਾ ਨਾਮ ਉਸ ਦਾ ਸਾਥੀ ਬਣਦਾ ਹੈ।੧੨।

ਹੇ ਸੰਤ ਜਨੋ! (ਜਿਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ) ਆਪਣੇ ਜੀਵਨ ਨੂੰ ਨਹੀਂ ਪੜਤਾਲਦੇ, ਮਾਇਆ ਦੇ ਮੋਹ ਵਿਚ ਫਸੇ ਹੋਏ ਉਹ ਮਨੁੱਖ ਆਪਣੇ ਆਪ ਦੀ ਹੀ ਸੋਭਾ ਕਰਦੇ ਰਹਿੰਦੇ ਹਨ।੧੩।

ਹੇ ਸੰਤ ਜਨੋ! (ਧਰਮ ਦਾ) ਪਖੰਡ ਕੀਤਿਆਂ ਮੌਤ (ਦਾ ਸਹਮ) ਖਲਾਸੀ ਨਹੀਂ ਕਰਦਾ। ਜਮ (ਨਾਮ-ਹੀਣ ਬੰਦਿਆਂ ਨੂੰ) ਇਥੋਂ ਉਹਨਾਂ ਦੀ ਇੱਜ਼ਤ ਗਂਵਾ ਕੇ (ਪਰਲੋਕ ਵਿਚ) ਲੈ ਜਾਇਗਾ।੧੪।

ਜਿਨ ਅੰਤਰਿ ਸਬਦੁ, ਆਪੁ ਪਛਾਣਹਿ, ਗਤਿ ਮਿਤਿ ਤਿਨ ਹੀ ਪਾਈ ॥੧੫॥ ਏਹੁ ਮਨੂਆ ਸੁੰਨ ਸਮਾਧਿ ਲਗਾਵੈ ਜੋਤੀ ਜੋਤਿ ਮਿਲਾਈ ॥ ੧੬ ॥ ਸੁਣਿ ਸੁਣਿ ਗੁਰਮੁਖਿ ਨਾਮੁ ਵਖਾਣਹਿ ਸਤਸੰਗਤਿ ਮੇਲਾਈ ॥੧੭॥ ਗੁਰਮੁਖਿ ਗਾਵੈ ਆਪੁ ਗਵਾਵੈ ਦਰਿ ਸਾਚੈ ਸੋਭਾ ਪਾਈ ॥ ੧੮ ॥ ਸਾਚੀ ਬਾਣੀ ਸਚੁ ਵਖਾਣੈ ਸਚਿ ਨਾਮਿ ਲਿਵ ਲਾਈ ॥ ੧੯ ॥ ਭੈਭੰਜਨੁ ਅਤਿ ਪਾਪ ਨਿਖੰਜਨੁ ਮੇਰਾ ਪ੍ਰਭੁ ਅੰਤਿ ਸਖਾਈ ॥ ੨੦॥ ਸਭੁ ਕਿਛੁ ਆਪੇ ਆਪਿ ਵਰਤੈ ਨਾਨਕ ਨਾਮਿ ਵਡਿਆਈ ॥ ੨੧ ॥ ੩ ॥ [ਪੰਨਾ ੯੧੦]

ਪਦ ਅਰਥ :–ਜਿਨ–['ਜਿਨ' ਬਹੁ ਵਚਨ; 'ਜਿਨਿ' ਇਕ ਵਚਨ]। ਅੰਤਰਿ–ਅੰਦਰ। ਆਪੁ–ਆਪਣੇ ਆਪ ਨੂੰ, ਆਪਣੇ ਜੀਵਨ ਨੂੰ। ਗਤਿ–ਹਾਲਤ। ਮਿਤਿ–ਮਾਪ। ਗਤਿ ਮਿਤਿ–ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ (ਬੇਅੰਤ) ਹੈ–ਇਹ ਸੂਝ।੧੫।

ਸੁੰਨ–ਸੁੰਞ,ਉਹ ਹਾਲਤ ਜਦੋਂ ਮਾਇਆ ਦੇ ਫੁਰਨੇ ਨਾਹ ਉੱਠਣ। ਸੁੰਨ ਸਮਾਧਿ–ਉਹ ਇਕਾਗ੍ਰਤਾ ਜਿੱਥੇ ਮਨ ਵਿਚ ਮਾਇਆ ਵਾਲੇ ਫੁਰਨੇ ਨਹੀਂ ਉੱਠਦੇ। ਜੋਤਿ–ਜਿੰਦ। ਜੋਤੀ–ਪ੍ਰਭੂ ਦੀ ਜੋਤਿ ਵਿਚ। ੧੬।

ਸੁਣਿ–ਸੁਣ ਕੇ। ਗੁਰਮੁਖਿ–ਗੁਰੂ ਦੇ ਸਨਮੁਖ ਰਹਿਣ ਵਾਲੇ ਬੰਦੇ। ੧੭।

ਆਪੁ–ਆਪਾ-ਭਾਵ। ਗਵਾਵੈ–ਦੂਰ ਕਰਦਾ ਹੈ। ਦਰਿ ਸਾਚੈ–ਸਦਾ-ਥਿਰ ਪ੍ਰਭੂ ਦੇ ਦਰ ਤੇ। ੧੮।

ਸਾਚੀ ਬਾਣੀ–ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਬਾਣੀ। ਸਚੁ–ਸਦਾ-ਥਿਰ ਪ੍ਰਭੂ (ਦਾ ਨਾਮ)। ਸਚਿ ਨਾਮਿ–ਸਦਾ-ਥਿਰ ਪ੍ਰਭੂ ਦੇ ਨਾਮ ਵਿਚ। ਲਿਵ–ਲਗਨ, ਸੁਰਤਿ। ੧੯।

ਭੈਭੰਜਨੁ–ਸਾਰੇ ਡਰਾਂ ਦਾ ਨਾਸ ਕਰਨ ਵਾਲਾ ਪ੍ਰਭੂ। ਅਤਿ ਪਾਪ ਨਿਖੰਜਨੁ–ਵੱਡੇ ਵੱਡੇ ਪਾਪਾਂ ਦਾ ਨਾਸ ਕਰਨ ਵਾਲਾ ਪ੍ਰਭੂ। ਸਖਾਈ–ਸਾਥੀ। ਅੰਤਿ–ਆਖ਼ਰ ਨੂੰ। ੨੦।

ਸਭੁ ਕਿਛੁ–ਹਰੇਕ ਚੀਜ਼। ਆਪੇ–ਆਪ ਹੀ। ਵਰਤੈ–ਮੌਜੂਦ ਹੈ। ਨਾਮਿ–ਨਾਮ ਵਿਚ (ਜੁੜਿਆਂ)। ੨੧।

ਅਰਥ :–ਹੇ ਸੰਤ ਜਨੋ! ਜਿਨ੍ਹਾਂ ਬੰਦਿਆਂ ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਵੱਸ ਪੈਂਦਾ ਹੈ, ਉਹ ਆਪਣੇ ਜੀਵਨ ਨੂੰ ਪੜਤਾਲਦੇ ਰਹਿੰਦੇ ਹਨ, ਉਹਨਾਂ ਨੇ ਹੀ ਇਹ ਗੱਲ ਸਮਝੀ ਹੈ ਕਿ ਪਰਮਾਤਮਾ ਕਿਹੋ ਜਿਹਾ ਹੈ ਤੇ ਕੇਡਾ ਵੱਡਾ (ਬੇਅੰਤ) ਹੈ। ੧੫।

(ਹੇ ਸੰਤ ਜਨੋ! ਜਿਨ੍ਹਾਂ ਦੇ ਅੰਦਰ ਗੁਰ-ਸ਼ਬਦ ਵੱਸਦਾ ਹੈ ਉਹਨਾਂ ਦਾ) ਇਹ ਮਨ

ਅਜਿਹੀ ਇਕਾਗ੍ਰਤਾ ਬਣਾਂਦਾ ਹੈ ਜਿਥੇ ਮਾਇਆ ਦੇ ਫੁਰਨੇ ਨਹੀਂ ਉੱਠਦੇ, ਉਹਨਾਂ ਦੀ ਜਿੰਦ ਪ੍ਰਭੂ ਦੀ ਜੋਤਿ ਵਿਚ ਲੀਨ ਹੈ। ੧੬।

(ਹੇ ਸੰਤ ਜਨੋ !) ਗੁਰੂ ਦੇ ਸਨਮੁਖ ਰਹਿਣ ਵਾਲੇ ਉਹ ਬੰਦੇ ਸਾਧ ਸੰਗਤਿ ਵਿਚ ਮਿਲ ਬੈਠਦੇ ਹਨ, (ਸਤ-ਸੰਗੀਆਂ ਪਾਸੋਂ) ਪ੍ਰਭੂ ਦਾ ਨਾਮ ਸੁਣ ਸੁਣ ਕੇ ਉਹ ਭੀ ਨਾਮ ਉਚਾਰਦੇ ਰਹਿੰਦੇ ਹਨ। ੧੭।

(ਹੇ ਸੰਤ ਜਨੋ!)ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ ਪ੍ਰਭੂ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਰਹਿੰਦਾ ਹੈ, ਆਪਣੇ ਅੰਦਰੋਂ ਹਉਮੈ ਅਹੰਕਾਰ ਦੂਰ ਕਰਦਾ ਹੈ, ਤੇ, ਸਦਾ-ਥਿਰ ਪ੍ਰਭੂ ਦੇ ਦਰ ਤੇ ਸੋਭਾ ਪਾਂਦਾ ਹੈ। ੧੮।

(ਹੇ ਸੰਤ ਜਨੋ ! ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ) ਸਦਾ-ਥਿਰ-ਹਰੀ ਦੀ ਸਿਫ਼ਤਿ ਸਾਲਾਹ ਦੀ ਬਾਣੀ ਉਚਾਰਦਾ ਹੈ, ਸਦਾ-ਥਿਰ ਪ੍ਰਭੂ ਦਾ ਨਾਮ ਉਚਾਰਦਾ ਹੈ, ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਸੁਰਤਿ ਜੋੜੀ ਰੱਖਦਾ ਹੈ। ੧੯।

(ਹੇ ਸੰਤ ਜਨੋ !) ਜੀਵਾਂ ਦੇ ਸਾਰੇ ਡਰ ਨਾਸ ਕਰਨ ਵਾਲਾ ਤੇ ਘੋਰ ਪਾਪ ਦੂਰ ਕਰਨ ਵਾਲਾ ਪਰਮਾਤਮਾ ਆਖ਼ਰ (ਉਹਨਾਂ ਦਾ) ਸਾਥੀ ਬਨਦਾ ਹੈ(ਜੋ ਉਸ ਦੀ ਸਿਫ਼ਤਿ ਸਾਲਾਹ ਵਿਚ ਜੁੜੇ ਰਹਿੰਦੇ ਹਨ)। ੨੦।

ਹੇ ਸੰਤ ਜਨੋ ! ਇਹ ਸਭ ਕੁਝ (ਜੋ ਦਿੱਸ ਰਿਹਾ ਹੈ, ਇਸ ਵਿਚ) ਪ੍ਰਭੂ ਆਪ ਹੀ ਆਪ ਹਰ ਥਾਂ ਮੌਜੂਦ ਹੈ। ਹੇ ਨਾਨਕ ! ਉਸ ਦੇ ਨਾਮ ਵਿਚ ਜੁੜਿਆਂ ਲੋਕ ਪਰਲੋਕ ਵਿਚ ਆਦਰ ਮਿਲਦਾ ਹੈ। ੨੧। ੩।

ਰਾਮਕਲੀ ਮਹਲਾ ੩ ॥ ਹਮ ਕੁਚਲ ਕੁਚੀਲ ਅਤਿ ਅਭਿਮਾਨੀ ਮਿਲਿ ਸਬਦੇ ਮੈਲੁ ਉਤਾਰੀ ॥੧॥ ਸੰਤਹੁ ਗੁਰਮੁਖਿ ਨਾਮਿ ਨਿਸਤਾਰੀ ॥ ਸਚਾ ਨਾਮੁ ਵਸਿਆ ਘਟ ਅੰਤਰਿ ਕਰਤੇ ਆਪਿ ਸਵਾਰੀ ॥੧॥ ਰਹਾਉ ॥ ਪਾਰਸ ਪਰਸੇ ਫਿਰਿ ਪਾਰਸੁ ਹੋਏ ਹਰਿ ਜੀਉ ਅਪਣੀ ਕਿਰਪਾ ਧਾਰੀ ॥ ੨ ॥ ਇਕਿ ਭੇਖ ਕਰਹਿ ਫਿਰਹਿ ਅਭਿਮਾਨੀ ਤਿਨ ਜੂਐ ਬਾਜੀ ਹਾਰੀ ॥ ੩॥ਇਕ ਅਨਦਿਨੁ ਭਗਤਿ ਕਰਹਿ ਦਿਨੁ ਰਾਤੀ ਰਾਮਨਾਮੁ ਉਰਿ ਧਾਰੀ ॥ ੪॥ ਅਨਦਿਨੁ ਰਾਤੇ ਸਹਜੇ ਮਾਤੇ ਸਹਜੇ ਹਉਮੈ ਮਾਰੀ ॥ ੫ ॥ ਭੈ ਬਿਨੁ ਭਗਤਿ ਨ ਹੋਈ ਕਬ ਹੀ ਭੈ ਭਾਇ ਭਗਤਿ ਸਵਾਰੀ ॥ ੬ ॥ ਮਾਇਆ ਮੋਹੁ ਸਬਦਿ ਜਲਾਇਆ ਗਿਆਨਿ ਤਤਿ ਬੀਚਾਰੀ ॥ ੭ ॥ ਆਪੇ ਆਪਿ ਕਰਾਏ ਕਰਤਾ ਆਪੇ ਬਖਸਿ ਭੰਡਾਰੀ ॥ ੮ ॥ ਤਿਸ ਕਿਆ ਗੁਣਾ ਕਾ ਅੰਤੁ ਨ ਪਾਇਆ ਹਉ ਗਾਵਾ ਸਬਦਿ ਵੀਚਾਰੀ ॥੯॥ ਹਰਿ ਜੀਉ ਜਪੀ ਹਰਿ ਜੀਉ

ਸਾਲਾਹੀ ਵਿਚਹੁ ਆਪੁ ਨਿਵਾਰੀ ॥ ੧੦ ॥ [ਪੰਨਾ ੯੧੦]

ਪਦ ਅਰਥ :—ਹਮ—ਅਸੀ ਸੰਸਾਰੀ ਜੀਵ। ਕੁਚਲ—ਕੁਚੱਲਣੇ, ਕੋਝੀ ਜੀਵਨ-ਚਾਲ ਵਾਲੇ। ਕੁਚੀਲ—ਗੰਦੇ। ਮਿਲਿ—ਮਿਲ ਕੇ। ਸਬਦੇ—ਗੁਰੂ ਦੇ ਸ਼ਬਦ ਵਿਚ ਹੀ। ੧।

ਸੰਤਹੁ—ਹੇ ਸੰਤ ਜਨੋ ! ਗੁਰਮੁਖਿ—ਗੁਰੂ ਦੇ ਸਨਮੁਖ ਰਿਹਾਂ। ਨਾਮਿ—ਪਰਮਾਤਮਾ ਦੇ ਨਾਮ ਦੀ ਰਾਹੀਂ। ਨਿਸਤਾਰੀ-ਪਾਰ-ਉਤਾਰਾ ਹੋ ਜਾਂਦਾ ਹੈ। ਸਚਾ—ਸਦਾ ਕਾਇਮ ਰਹਿਣ ਵਾਲਾ। ਘਟ ਅੰਤਰਿ—ਹਿਰਦੇ ਵਿਚ। ਕਰਤੈ—ਕਰਤਾਰ ਨੇ। ਸਵਾਰੀ—ਪੈਜ ਰੱਖ ਲਈ। ੧। ਰਹਾਉ।

ਪਾਰਸੁ—ਲੋਹੇ ਨੂੰ ਸੋਨਾ ਕਰ ਦੇਣ ਵਾਲੀ ਪੱਥਰੀ, ਵਿਕਾਰੀ ਮਨਾਂ ਨੂੰ ਪਵਿੱਤਰ ਕਰਨ ਵਾਲਾ ਗੁਰੂ ਪਾਰਸ। ਪਰਸੇ—ਪਰਸਿ, ਛੁਹ ਕੇ। ੨।

ਇਕਿ—[ਲਫ਼ਜ਼ 'ਇਕ' ਤੋਂ ਬਹੁ ਵਚਨ]। ਤਿਨ—ਉਹਨਾਂ ਨੇ। ਜੂਐ—ਜੂਏ ਵਿਚ। ੩।

ਅਨਦਿਨੁ—ਹਰ ਰੋਜ਼। ਉਰਿ—ਹਿਰਦੇ ਵਿਚ। ੪।

ਰਾਤੇ—ਰੰਗੇ ਹੋਏ। ਸਹਜੇ—ਸਹਜਿ, ਆਤਮਕ ਅਡੋਲਤਾ ਵਿਚ। ਮਾਤੇ—ਮਸਤ। ੫।

ਭੈ ਬਿਨੁ—ਪ੍ਰਭੂ ਦਾ ਡਰ ਰੱਖਣ ਤੋਂ ਬਿਨਾ। ਕਬ ਹੀ—ਕਦੇ ਭੀ। ਭੈ—ਡਰ ਵਿਚ। ਭਾਇ—ਪ੍ਰੇਮ ਵਿਚ। ੬।

ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਗਿਆਨਿ—ਆਤਮਕ ਜੀਵਨ ਦੀ ਸੂਝ ਨਾਲ। ਤਤਿ—ਜਗਤ ਦੇ ਮੂਲ ਪ੍ਰਭੂ ਵਿਚ ਜੁੜ ਕੇ। ਬੀਚਾਰੀ—ਵਿਚਾਰਵਾਨ। ੭।

ਆਪੇ—ਆਪ ਹੀ। ਕਰਤਾ—ਕਰਤਾਰ। ਬਖਸਿ—ਬਖਸ਼ੇ, ਬਖ਼ਸ਼ਦਾ ਹੈ। ਭੰਡਾਰੀ-ਖ਼ਜ਼ਾਨੇ। ੮।

ਤਿਸ ਕਿਆ ਗੁਣਾ ਕਾ—ਉਸ ਪ੍ਰਭੂ ਦੇ ਗੁਣਾਂ ਦਾ [ਸੰਬੰਧਕ 'ਕਿਆ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ]। ਹਉ—ਮੈਂ। ਗਾਵਾ—ਗਾਵਾਂ, ਮੈਂ ਗਾਂਦਾ ਹਾਂ। ੯।

ਜਪੀ—ਜਪੀਂ, ਮੈਂ ਜਪਦਾ ਹਾਂ। ਸਾਲਾਹੀ—ਸਾਲਾਹੀਂ, ਮੈਂ ਸਲਾਹੁੰਦਾ ਹਾਂ। ਆਪੁ—ਆਪਾ ਭਾਵ। ੧੦।

ਅਰਥ :—ਹੇ ਸੰਤ ਜਨੋ! ਗੁਰੂ ਦੇ ਸਨਮੁਖ ਰਿਹਾਂ ਪਰਮਾਤਮਾ ਦੇ ਨਾਮ ਦੀ ਰਾਹੀਂ (ਸੰਸਾਰ-ਸਮੁੰਦਰ ਤੋਂ) ਪਾਰ-ਉਤਾਰਾ ਹੋ ਜਾਂਦਾ ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਸਦਾ-ਥਿਰ ਪ੍ਰਭੂ ਦਾ ਨਾਮ ਵੱਸ ਪੈਂਦਾ ਹੈ, (ਸਮਝੋ) ਕਰਤਾਰ ਨੇ ਆਪ ਹੀ ਉਸ ਦੀ ਇੱਜ਼ਤ

ਰੱਖ ਲਈ। ੧। ਰਹਾਉ।

ਹੇ ਸੰਤ ਜਨੋ! ਅਸੀ ਸੰਸਾਰੀ-ਜੀਵ (ਆਮ ਤੌਰ ਤੇ) ਕੁਚੱਲਣੇ ਗੰਦੇ ਆਚਰਨ ਵਾਲੇ ਅਤੇ ਅੰਹਕਾਰੀ ਹੋਏ ਰਹਿੰਦੇ ਹਾਂ। (ਕਿਸੇ ਵਡਭਾਗੀ ਨੇ) ਗੁਰੂ ਦੇ ਸ਼ਬਦ ਵਿਚ ਜੁੜ ਕੇ ਵਿਕਾਰਾਂ ਦੀ ਮੈਲ ਆਪਣੇ ਮਨ ਤੋਂ ਉਤਾਰੀ ਹੁੰਦੀ ਹੈ। ੧।

ਜਿਸ ਮਨੁੱਖ ਉਤੇ ਪ੍ਰਭੂ ਜੀ ਆਪਣੀ ਕਿਰਪਾ ਕਰਦੇ ਹਨ, ਉਹ ਮਨੁੱਖ ਗੁਰੂ-ਪਾਰਸ ਨੂੰ ਛੁਹ ਕੇ ਆਪ ਭੀ ਪਾਰਸ ਬਣ ਜਾਂਦਾ ਹੈ। ੨।

ਹੇ ਸੰਤ ਜਨੋ! ਜਿਹੜੇ ਅਨੇਕਾਂ ਜੀਵ ਧਾਰਮਿਕ ਬਾਣਾ ਪਾਈ ਫਿਰਦੇ ਹਨ ਤੇ ਉਸ ਭੇਖ ਦੇ ਕਾਰਨ ਅਹੰਕਾਰੀ ਹੋਏ ਫਿਰਦੇ ਹਨ, ਉਹਨਾਂ ਨੇ ਮਨੁੱਖਾ ਜਨਮ ਦੀ ਖੇਡ ਜੂਏ ਵਿਚ ਹਾਰ ਲਈ (ਜਾਣੋ)। ੩।

ਪਰ, ਹੇ ਸੰਤ ਜਨੋ! ਕਈ ਬੰਦੇ ਐਸੇ ਹਨ ਜੋ ਦਿਨ ਰਾਤ ਹਰ ਵੇਲੇ ਪਰਮਾਤਮਾ ਦੇ ਨਾਮ ਨੂੰ ਆਪਣੇ ਹਿਰਦੇ ਵਿਚ ਟਿਕਾ ਕੇ ਪਰਮਾਤਮਾ ਦੀ ਭਗਤੀ ਕਰਦੇ ਰਹਿੰਦੇ ਹਨ। ੪।

ਜਿਹੜੇ ਮਨੁੱਖ ਹਰ ਵੇਲੇ ਨਾਮ-ਰੰਗ ਵਿਚ ਰੰਗੇ ਰਹਿੰਦੇ ਹਨ, ਉਹ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ, ਆਤਮਕ ਅਡੋਲਤਾ ਵਿਚ ਟਿਕ ਕੇ ਉਹ ਆਪਣੇ ਅੰਦਰੋਂ ਹਉਮੈ ਦੂਰ ਕਰ ਲੈਂਦੇ ਹਨ। ੫।

ਹੇ ਸੰਤ ਜਨੋ! ਪ੍ਰਭੂ ਦਾ ਡਰ-ਅਦਬ ਹਿਰਦੇ ਵਿਚ ਰੱਖਣ ਤੋਂ ਬਿਨਾ ਪ੍ਰਭੂ ਦੀ ਭਗਤੀ ਨਹੀਂ ਹੋ ਸਕਦੀ। ਡਰ-ਅਦਬ, ਪ੍ਰੇਮ ਅਤੇ ਭਗਤੀ ਵਿਚ ਟਿਕਣ ਵਾਲਿਆਂ ਨੇ ਆਪਣੀ ਜ਼ਿੰਦਗੀ ਸੋਹਣੀ ਬਣਾ ਲਈ। ੬।

ਪ੍ਰਭੂ ਵਿਚ ਜੁੜ ਕੇ ਆਤਮਕ ਜੀਵਨ ਦੀ ਸੂਝ ਦੀ ਰਾਹੀਂ ਜਿਹੜੇ ਬੰਦੇ ਵਿਚਾਰਵਾਨ ਹੋ ਗਏ, ਉਹਨਾਂ ਨੇ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਅੰਦਰੋਂ ਮਾਇਆ ਦਾ ਮੋਹ ਸਾੜ ਲਿਆ। ੭।

ਪਰ ਹੇ ਸੰਤ ਜਨੋ! ਪ੍ਰਭੂ ਆਪ ਹੀ (ਜੀਵਾਂ ਪਾਸੋਂ) ਆਪਣੀ ਭਗਤੀ ਕਰਾਂਦਾ ਹੈ, ਆਪ ਹੀ ਭਗਤੀ ਦੇ ਖ਼ਜ਼ਾਨੇ ਬਖ਼ਸ਼ਦਾ ਹੈ। ੮।

ਹੇ ਸੰਤ ਜਨੋ! ਮੈਂ ਉਸ ਪ੍ਰਭੂ ਦੇ ਗੁਣਾਂ ਦਾ ਅੰਤ ਨਹੀਂ ਪਾ ਸਕਦਾ। (ਉਸ ਦੀ ਮਿਹਰ ਨਾਲ ਹੀ) ਮੈਂ ਉਸ ਦੇ ਗੁਣ ਗਾਂਦਾ ਹਾਂ, ਗੁਰੂ ਦੇ ਸ਼ਬਦ ਦੀ ਰਾਹੀਂ (ਉਸ ਦੇ ਗੁਣਾਂ ਦੀ) ਵਿਚਾਰ ਕਰਦਾ ਹਾਂ। ੯।

ਹੇ ਸੰਤ ਜਨੋ! (ਉਸ ਦੀ ਕਿਰਪਾ ਨਾਲ ਹੀ) ਮੈਂ ਉਸ ਦਾ ਨਾਮ ਜਪਦਾ ਹਾਂ, ਉਸ ਦੀ ਸਿਫ਼ਤਿ ਸਾਲਾਹ ਕਰਦਾ ਹਾਂ, ਅਤੇ ਆਪਣੇ ਅੰਦਰੋਂ ਹਉਮੈ ਦੂਰ ਕਰਦਾ ਹਾਂ। ੧੦।

ਨਾਮੁ ਪਦਾਰਥ ਗੁਰ ਤੇ ਪਾਇਆ ਅਖੁਟ ਸਚੇ ਭੰਡਾਰੀ ॥ ੧੧ ॥

ਅਪਣਿਆ ਭਗਤਾ ਨੋ ਆਪੇ ਤੁਠਾ ਅਪਣੀ ਕਿਰਪਾ ਕਰਿ ਕਲ ਧਾਰੀ ॥੧੨॥ ਤਿਨ ਸਾਚੇ ਨਾਮ ਕੀ ਸਦਾ ਭੁਖ ਲਾਗੀ ਗਾਵਨਿ ਸਬਦਿ ਵੀਚਾਰੀ ॥੧੩॥ ਜੀਉ ਪਿੰਡੁ ਸਭੁ ਕਿਛੁ ਹੈ ਤਿਸ ਕਾ ਆਖਣੁ ਬਿਖਮੁ ਬੀਚਾਰੀ ॥੧੪॥ ਸਬਦਿ ਲਗੇ ਸੇਈ ਜਨ ਨਿਸਤਰੇ ਭਉਜਲੁ ਪਾਰਿ ਉਤਾਰੀ ॥੧੫॥ ਬਿਨੁ ਹਰਿ ਸਾਚੇ ਕੋ ਪਾਰਿ ਨ ਪਾਵੈ ਬੂਝੈ ਕੋ ਵੀਚਾਰੀ ॥੧੬॥ ਜੋ ਧੁਰਿ ਲਿਖਿਆ ਸੋਈ ਪਾਇਆ ਮਿਲਿ ਹਰਿ ਸਬਦਿ ਸਵਾਰੀ ॥ ੧੭ ॥ ਕਾਇਆ ਕੰਚਨੁ ਸਬਦੇ ਰਾਤੀ ਸਾਚੈ ਨਾਇ ਪਿਆਰੀ ॥ ੧੮ ॥ ਕਾਇਆ ਅੰਮ੍ਰਿਤਿ ਰਹੀ ਭਰਪੂਰੇ ਪਾਈਐ ਸਬਦਿ ਵੀਚਾਰੀ ॥੧੯॥ ਜੋ ਪ੍ਰਭੁ ਖੋਜਹਿ ਸੇਈ ਪਾਵਹਿ ਹੋਰਿ ਫੂਟਿ ਮੂਏ ਅਹੰਕਾਰੀ ॥੨੦॥ [ਪੰਨਾ ੯੧੧]

ਪਦ ਅਰਥ :—ਪਦਾਰਥੁ—ਕੀਮਤੀ ਵਸਤ । ਤੇ—ਤੋਂ, ਪਾਸੋਂ । ਅਖੁਟ—ਕਦੇ ਨਾਹ ਮੁੱਕਣ ਵਾਲੇ । ਸਚੇ—ਸਦਾ-ਥਿਰ ਪ੍ਰਭੂ ਦੇ । ੧੧ ।

ਨੋ—ਨੂੰ । ਤੁਠਾ—ਦਇਆਵਾਨ ਹੁੰਦਾ ਹੈ । ਕਰਿ—ਕਰ ਕਰ ਕੇ । ਕਲ—ਸੱਤਾ । ਧਾਰੀ—ਟਿਕਾਂਦਾ ਹੈ । ੧੨ ।

ਗਾਵਨਿ—ਗਾਂਦੇ ਹਨ । ਸਬਦਿ—ਸ਼ਬਦ ਦੀ ਰਾਹੀਂ । ਵੀਚਾਰੀ—ਵਿਚਾਰਵਾਨ ਹੋ ਕੇ । ੧੩ ।

ਜੀਉ—ਜਿੰਦ । ਪਿੰਡੁ—ਸਰੀਰ । ਤਿਸ ਕਾ—ਉਸ (ਪ੍ਰਭੂ) ਦਾ [ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ] । ਬਿਖਮੁ—ਔਖਾ, ਕਠਨ । ਆਖਣੁ—ਬਿਆਨ ਕਰਨਾ । ੧੪ ।

ਸਬਦਿ—ਸ਼ਬਦ ਵਿਚ । ਸੇਈ—ਉਹ (ਬੰਦੇ) । ਨਿਸਤਰੇ—ਪਾਰ ਲੰਘ ਗਏ । ਭਉਜਲੁ—ਸੰਸਾਰ-ਸਮੁੰਦਰ । ੧੫ ।

ਬਿਨੁ ਸਾਚੇ—ਸਦਾ-ਥਿਰ ਪ੍ਰਭੂ (ਦੀ ਮਿਹਰ) ਤੋਂ ਬਿਨਾ । ਕੋ—ਕੋਈ ਵਿਰਲਾ । ਵੀਚਾਰੀ—ਵਿਚਾਰਵਾਨ । ੧੬ ।

ਧੁਰਿ—ਧੁਰ ਦਰਗਾਹ ਤੋਂ । ਮਿਲਿ—ਮਿਲ ਕੇ । ਸਬਦਿ—ਸ਼ਬਦ ਦੀ ਰਾਹੀਂ । ਸਵਾਰੀ—ਸੰਵਾਰ ਲਈ । ੧੭ ।

ਕਾਇਆ—ਸਰੀਰ । ਕੰਚਨੁ—ਸੋਨਾ । ਸਾਚੈ ਨਾਇ—ਸਦਾ-ਥਿਰ ਪ੍ਰਭੂ ਦੇ ਨਾਮ ਵਿਚ । ੧੮ ।

ਅੰਮ੍ਰਿਤਿ—ਆਤਮਕ ਜੀਵਨ ਦੇਣ ਵਾਲੇ ਨਾਮ ਜਲ ਨਾਲ । ੧੯ ।

ਖੋਜਹਿ—ਲੱਭਦੇ ਹਨ । ਹੋਰਿ—ਹੋਰ ਬੰਦੇ । ਫੂਟਿ ਮੂਏ—ਆਫਰ ਕੇ ਆਤਮਕ ਮੌਤੇ

ਮਰ ਗਏ । ੨੦ ।

ਅਰਥ :—ਹੇ ਸੰਤ ਜਨੋ ! ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਦੇ ਨਾਮ-ਖ਼ਜ਼ਾਨੇ ਕਦੇ ਮੁੱਕਣ ਵਾਲੇ ਨਹੀਂ ਹਨ, ਪਰ ਇਹ ਨਾਮ-ਪਦਾਰਥ ਗੁਰੂ ਪਾਸੋਂ ਮਿਲਦਾ ਹੈ । ੧੧ ।

ਹੇ ਸੰਤ ਜਨੋ ! ਆਪਣੇ ਭਗਤਾਂ ਉਤੇ ਪ੍ਰਭੂ ਆਪ ਹੀ ਦਇਆਵਾਨ ਹੁੰਦਾ ਹੈ ਅਤੇ ਉਹਨਾਂ ਦੇ ਅੰਦਰ ਆਪ ਹੀ ਕਿਰਪਾ ਕਰ ਕੇ (ਨਾਮ ਜਪਣ ਦੀ) ਸੱਤਿਆ ਟਿਕਾਈ ਰੱਖਦਾ ਹੈ । ੧੨ ।

(ਇਸ ਦਾ ਸਿੱਟਾ ਇਹ ਨਿਕਲਦਾ ਹੈ ਕਿ) ਉਹਨਾਂ (ਭਗਤ ਜਨਾਂ) ਨੂੰ ਸਦਾ-ਥਿਰ ਪ੍ਰਭੂ ਦੇ ਨਾਮ ਦੀ ਸਦਾ ਭੁੱਖ ਲੱਗੀ ਰਹਿੰਦੀ ਹੈ, ਉਹ ਉੱਚੀ ਵਿਚਾਰ ਦੇ ਮਾਲਕ ਬੰਦੇ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣ ਗਾਂਦੇ ਰਹਿੰਦੇ ਹਨ । ੧੩ ।

ਹੇ ਸੰਤ ਜਨੋ ! ਇਹ ਜਿੰਦ ਤੇ ਇਹ ਸਰੀਰ (ਜੀਵਾਂ ਨੂੰ) ਸਭ ਕੁਝ ਉਸ ਪਰਮਾਤਮਾ ਦਾ ਹੀ ਦਿੱਤਾ ਹੋਇਆ ਹੈ, (ਉਸ ਦੀਆਂ ਬਖ਼ਸ਼ਸ਼ਾਂ ਦਾ) ਵਿਚਾਰ ਕਰਨਾ ਤੇ ਬਿਆਨ ਕਰਨਾ (ਬਹੁਤ) ਔਖਾ ਹੈ । ੧੪ ।

ਹੇ ਸੰਤ ਜਨੋ ! ਜਿਹੜੇ ਮਨੁੱਖ ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜਦੇ ਹਨ, ਉਹੀ ਸੰਸਾਰ-ਸਮੁੰਦਰ ਤੋਂ ਤਰ ਜਾਂਦੇ ਹਨ, ਪਾਰ ਲੰਘ ਜਾਂਦੇ ਹਨ । ੧੫ ।

ਹੇ ਸੰਤ ਜਨੋ ! ਕੋਈ ਵਿਰਲਾ ਵਿਚਾਰਵਾਨ ਇਹ ਗੱਲ ਸਮਝਦਾ ਹੈ ਕਿ ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ ਕੋਈ ਹੋਰ (ਇਸ ਸੰਸਾਰ-ਸਮੁੰਦਰ ਤੋਂ) ਪਾਰ ਨਹੀਂ ਲੰਘਾ ਸਕਦਾ । ੧੬ ।

(ਪਰ ਹੇ ਸੰਤ ਜਨੋ ! ਇਹ ਨਾਮ ਦੀ ਦਾਤਿ ਜੀਵਾਂ ਦੇ ਵੱਸ ਦੀ ਖੇਡ ਨਹੀਂ ਹੈ, ਪ੍ਰਭੂ ਨੇ) ਧੁਰ-ਦਰਗਾਹ ਤੋਂ (ਜੀਵਾਂ ਦੇ ਮੱਥੇ ਤੇ ਜੋ ਲੇਖ ਲਿਖ ਦਿੱਤਾ ਉਹੀ ਪ੍ਰਾਪਤ ਹੁੰਦਾ ਹੈ, ਤੇ ਜੀਵ ਪ੍ਰਭੂ-ਚਰਨਾਂ ਵਿਚ ਜੁੜ ਕੇ ਗੁਰੂ ਦੇ ਸ਼ਬਦ ਦੀ ਰਾਹੀਂ ਆਪਣਾ ਜੀਵਨ ਸੰਵਾਰਦਾ ਹੈ । ੧੭ ।

ਹੇ ਸੰਤ ਜਨੋ ! ਜਿਹੜਾ ਸਰੀਰ ਗੁਰੂ ਦੇ ਸ਼ਬਦ-ਰੰਗ ਵਿਚ ਰੰਗਿਆ ਰਹਿੰਦਾ ਹੈ ਅਤੇ ਸਦਾ-ਥਿਰ ਪ੍ਰਭੂ ਦੇ ਨਾਮ ਵਿਚ ਪਿਆਰ ਕਰਦਾ ਹੈ ਉਹ ਸਰੀਰ ਸੋਨਾ ਬਣ ਜਾਂਦਾ ਹੈ (ਸ਼ੁੱਧ ਸੋਨੇ ਵਰਗਾ ਵਿਕਾਰ-ਰਹਿਤ ਪਵਿੱਤਰ ਹੋ ਜਾਂਦਾ ਹੈ) । ੧੮ ।

(ਹੇ ਸੰਤ ਜਨੋ ! ਉਹ ਸਰੀਰ ਪਵਿੱਤਰ ਹੈ) ਜਿਹੜਾ ਆਤਮਕ ਜੀਵਨ ਦੇਣ ਵਾਲੇ ਨਾਮ-ਜਲ ਨਾਲ ਨਕਾ-ਨਕ ਭਰਿਆ ਰਹਿੰਦਾ ਹੈ, ਪਰ ਇਹ ਨਾਮ-ਅੰਮ੍ਰਿਤ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ ਦੇ ਗੁਣਾਂ ਦੀ ਵਿਚਾਰ ਕੀਤਿਆਂ ਹੀ ਪ੍ਰਾਪਤ ਹੁੰਦਾ ਹੈ । ੧੯ ।

(ਹੇ ਸੰਤ ਜਨੋ !) ਜਿਹੜੇ ਮਨੁੱਖ (ਆਪਣੇ ਇਸ ਸਰੀਰ ਵਿਚ ਹੀ) ਪ੍ਰਭੂ ਨੂੰ

ਲੱਭਦੇ ਹਨ ਉਹੀ ਉਸ ਦਾ ਮਿਲਾਪ ਪ੍ਰਾਪਤ ਕਰ ਲੈਂਦੇ ਹਨ। (ਸਰੀਰ ਤੋਂ ਬਾਹਰ ਭਾਲਣ ਵਾਲੇ) ਹੋਰ ਬੰਦੇ (ਭੇਖ ਆਦਿਕ ਦੇ) ਮਾਣ ਵਿਚ ਆਫਰ ਆਫਰ ਕੇ ਆਤਮਕ ਮੌਤ ਸਹੇੜ ਲੈਂਦੇ ਹਨ। ੨੦।

ਬਾਦੀ ਬਿਨਸਹਿ ਸੇਵਕ ਸੇਵਹਿ ਗੁਰ ਕੈ ਹੇਤਿ ਪਿਆਰੀ ॥ ੨੧ ॥ ਸੋ ਜੋਗੀ ਤਤੁ ਗਿਆਨੁ ਬੀਚਾਰੇ ਹਉਮੈ ਤ੍ਰਿਸਨਾ ਮਾਰੀ ॥ ੨੨ ॥ ਸਤਿਗੁਰੁ ਦਾਤਾ ਤਿਨੈ ਪਛਾਤਾ ਜਿਸ ਨੋ ਕ੍ਰਿਪਾ ਤੁਮਾਰੀ ॥ ੨੩ ॥ ਸਤਿਗੁਰੁ ਨ ਸੇਵਹਿ ਮਾਇਆ ਲਾਗੇ ਡੂਬਿ ਮੂਏ ਅਹੰਕਾਰੀ ॥ ੨੪ ॥ ਜਿਚਰੁ ਅੰਦਰਿ ਸਾਸੁ ਤਿਚਰੁ ਸੇਵਾ ਕੀਚੈ ਜਾਇ ਮਿਲੀਐ ਰਾਮ ਮੁਰਾਰੀ ॥ ੨੫ ॥ ਅਨਦਿਨੁ ਜਾਗਤ ਰਹੈ ਦਿਨੁ ਰਾਤੀ ਅਪਨੇ ਪ੍ਰਿਅ ਪ੍ਰੀਤਿ ਪਿਆਰੀ ॥ ੨੬ ॥ ਤਨੁ ਮਨੁ ਵਾਰੀ ਵਾਰਿ ਘੁਮਾਈ ਅਪਨੇ ਗੁਰ ਵਿਟਹੁ ਬਲਿਹਾਰੀ ॥ ੨੭ ॥ ਮਾਇਆ ਮੋਹੁ ਬਿਨਸਿ ਜਾਇਗਾ ਉਬਰੇ ਸਬਦਿ ਵੀਚਾਰੀ ॥ ੨੮ ॥ ਆਪਿ ਜਗਾਏ ਸੇਈ ਜਾਗੇ ਗੁਰ ਕੈ ਸਬਦਿ ਵੀਚਾਰੀ ॥ ੨੯ ॥ ਨਾਨਕ ਸੇਈ ਮੂਏ ਜਿ ਨਾਮੁ ਨ ਚੇਤਹਿ ਭਗਤ ਜੀਵੇ ਵੀਚਾਰੀ ॥ ੩੦ ॥ ੪ ॥ [ਪੰਨਾ ੯੧੧]

ਪਦ ਅਰਥ :—ਬਾਦੀ—[ਵਾਦੁ—ਝਗੜਾ, ਬਹਿਸ, ਚਰਚਾ] ਨਿਰੀ ਚਰਚਾ ਕਰਨ ਵਾਲੇ। ਬਿਨਸਹਿ—ਆਤਮਕ ਮੌਤ ਸਹੇੜ ਲੈਂਦੇ ਹਨ। ਸੇਵਹਿ—ਸੇਵਾ ਕਰਦੇ ਹਨ, ਪ੍ਰਭੂ ਦੀ ਸੇਵਾ-ਭਗਤੀ ਕਰਦੇ ਹਨ। ਗੁਰ ਕੈ ਹੇਤਿ—ਗੁਰੂ ਦੇ (ਦਿੱਤੇ) ਪ੍ਰੇਮ ਦੀ ਰਾਹੀਂ। ਪਿਆਰੀ—ਪਿਆਰਿ, ਪਿਆਰ ਦੀ ਰਾਹੀਂ। ੨੧।

ਤਤੁ—ਜਗਤ ਦਾ ਮੂਲ-ਪ੍ਰਭੂ। ਗਿਆਨੁ—ਆਤਮਕ ਜੀਵਨ ਦੀ ਸੂਝ। ਮਾਰੀ—ਮਾਰਿ, ਮਾਰ ਕੇ। ੨੨।

ਦਾਤਾ—(ਨਾਮ ਦੀ ਦਾਤਿ) ਦੇਣ ਵਾਲਾ। ਤਿਨੈ—ਤਿਨਿ ਹੀ, ਉਸੇ (ਮਨੁੱਖ) ਨੇ। ਜਿਸ ਨੋ—[ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ] ਜਿਸ ਉਤੇ। ੨੩।

ਨ ਸੇਵਹਿ—ਸੇਵਾ ਨਹੀਂ ਕਰਦੇ ਹਨ, ਸਰਨ ਨਹੀਂ ਪੈਂਦੇ। ਡੂਬਿ—(ਮਾਇਆ ਦੇ ਮੋਹ ਵਿਚ) ਡੁੱਬ ਕੇ। ਮੂਏ—ਆਤਮਕ ਮੌਤ ਸਹੇੜ ਬੈਠੇ। ੨੪।

ਜਿਚਰੁ—ਜਿਤਨਾ ਚਿਰ। ਕੀਚੈ—ਕਰਨੀ ਚਾਹੀਦੀ ਹੈ। ਮੁਰਾਰੀ—[ਮੁਰ-ਅਰਿ। 'ਮੁਰ' ਦੈਂਤ ਦਾ ਵੈਰੀ। ਸ੍ਰੀ ਕ੍ਰਿਸ਼ਨ] ਪਰਮਾਤਮਾ। ੨੫।

ਅਨਦਿਨੁ—[अनुदिनं] ਹਰ ਰੋਜ਼। ਪ੍ਰਿਅ—ਪਿਆਰੇ ਦੀ। ਪਿਆਰੀ—ਪਿਆਰਿ,

ਪਿਆਰ ਵਿਚ । ੨੬ ।

ਵਾਰੀ–ਵਾਰੀਂ, ਮੈਂ ਵਾਰ ਦਿਆਂ । ਵਾਰਿ ਘੁਮਾਈ–ਵਾਰਿ ਘੁਮਾਈਂ, ਵਾਰ ਕੇ ਸਦਕੇ ਕਰ ਦਿਆਂ । ਵਿਟਹੁ–ਤੋਂ । ੨੭ ।

ਉਬਰੇ--ਬਚ ਗਏ । ਸਬਦਿ–ਸ਼ਬਦ ਦੀ ਰਾਹੀਂ । ਵੀਚਾਰੀ–ਵੀਚਾਰਿ, (ਪ੍ਰਭੂ ਦੇ ਗੁਣਾਂ ਦੀ) ਵਿਚਾਰ ਕਰ ਕੇ । ੨੮ ।

ਸੋਈ–ਉਹੀ ਬੰਦੇ । ਗੁਰ ਕੈ ਸਬਦਿ–ਗੁਰੂ ਦੇ ਸ਼ਬਦ ਦੀ ਰਾਹੀਂ । ਵੀਚਾਰੀ–ਵਿਚਾਰਵਾਨ । ੨੯ ।

ਜਿ–ਜਿਹੜੇ ਮਨੁੱਖ । ਜੀਵੇ–ਆਤਮਕ ਜੀਵਨ ਵਾਲੇ ਹੋ ਗਏ ।੩੦।

ਅਰਥ :–ਹੇ ਸੰਤ ਜਨੋ! ਨਿਰੀਆਂ ਫੋਕੀਆਂ ਗੱਲਾਂ ਕਰਨ ਵਾਲੇ ਮਨੁੱਖ ਆਤਮਕ ਤੌਰ ਤੇ ਮਰ ਜਾਂਦੇ ਹਨ, ਪਰ ਭਗਤ ਜਨ ਗੁਰੂ ਦੀ ਰਾਹੀਂ ਮਿਲੇ ਪ੍ਰੇਮ-ਪਿਆਰ ਨਾਲ ਪਰਮਾਤਮਾ ਦੀ ਸੇਵਾ-ਭਗਤੀ ਕਰਦੇ ਹਨ । ੨੧ ।

ਹੇ ਸੰਤ ਜਨੋ ! ਉਹੀ ਮਨੁੱਖ ਜੋਗੀ ਹੈ (ਪ੍ਰਭੂ-ਚਰਨਾਂ ਵਿਚ ਜੁੜਿਆ ਹੋਇਆ ਹੈ) ਜੋ ਆਪਣੇ ਅੰਦਰੋਂ ਹਉਮੈ ਮਾਰ ਕੇ ਮਾਇਆ ਦੀ ਤ੍ਰਿਸ਼ਨਾ ਦੂਰ ਕਰ ਕੇ ਉੱਚੇ ਆਤਮਕ ਜੀਵਨ ਨਾਲ ਸਾਂਝ ਪਾਂਦਾ ਹੈ ਜਗਤ ਦੇ ਮੂਲ-ਪ੍ਰਭੂ ਦੇ ਗੁਣਾਂ ਨੂੰ ਵਿਚਾਰਦਾ ਰਹਿੰਦਾ ਹੈ। ੨੨ ।

(ਹੇ ਪ੍ਰਭੂ ! ਜੀਵਾਂ ਦੇ ਵੱਸ ਦੀ ਗੱਲ ਨਹੀਂ) ਜਿਸ ਮਨੁੱਖ ਉਤੇ ਤੇਰੀ ਦਇਆ ਹੁੰਦੀ ਹੈ, ਉਸ ਨੇ ਇਹ ਗੱਲ ਸਮਝੀ ਹੁੰਦੀ ਹੈ ਕਿ ਗੁਰੂ (ਹੀ ਤੇਰੇ ਨਾਮ ਦੀ ਦਾਤਿ) ਦੇਣ ਵਾਲਾ ਹੈ । ੨੩ ।

ਹੇ ਸੰਤ ਜਨੋ ! ਜਿਹੜੇ ਮਨੁੱਖ ਗੁਰੂ ਦਾ ਦਰ ਨਹੀਂ ਮੱਲਦੇ, ਉਹ ਮਨੁੱਖ ਮਾਇਆ (ਦੇ ਮੋਹ) ਵਿਚ ਫਸੇ ਰਹਿੰਦੇ ਹਨ, (ਮਾਇਆ ਦੇ ਕਾਰਨ) ਅਹੰਕਾਰੀ ਹੋਏ ਹੋਏ ਉਹ ਮਨੁੱਖ (ਮਾਇਆ ਦੇ ਮੋਹ ਵਿਚ) ਡੁੱਬ ਕੇ ਆਤਮਕ ਮੌਤੇ ਮਰੇ ਰਹਿੰਦੇ ਹਨ । ੨੪ ।

ਹੇ ਸੰਤ ਜਨੋ ! ਜਿਤਨਾ ਚਿਰ ਸਰੀਰ ਵਿਚ ਸਾਹ ਆ ਰਿਹਾ ਹੈ ਉਤਨਾ ਚਿਰ ਪ੍ਰਭੂ ਦੀ ਸੇਵਾ-ਭਗਤੀ ਕਰਦੇ ਰਹਿਣਾ ਚਾਹੀਦਾ ਹੈ । (ਪ੍ਰਭੂ ਦੀ ਭਗਤੀ ਦੀ ਬਰਕਤਿ ਨਾਲ ਹੀ) ਪ੍ਰਭੂ ਨੂੰ ਜਾ ਮਿਲੀਦਾ ਹੈ । ੨੫ ।

ਹੇ ਸੰਤ ਜਨੋ ! ਆਪਣੇ ਪਿਆਰੇ ਪ੍ਰਭੂ ਨਾਲ ਪ੍ਰੀਤ-ਪਿਆਰ ਦੀ ਰਾਹੀਂ ਮਨੁੱਖ ਦਿਨ ਰਾਤ ਹਰ ਵੇਲੇ (ਮਾਇਆ ਦੇ ਮੋਹ ਦੇ ਹੱਲਿਆਂ ਵਲੋਂ) ਸੁਚੇਤ ਰਹਿ ਸਕਦਾ ਹੈ। ੨੬ ।

(ਹੇ ਸੰਤ ਜਨੋ ! ਤਾਹੀਏਂ) ਮੈਂ ਆਪਣੇ ਗੁਰੂ ਤੋਂ ਸਦਕੇ ਜਾਂਦਾ ਹਾਂ, ਗੁਰੂ ਤੋਂ ਆਪਣਾ ਤਨ ਮਨ ਕੁਰਬਾਨ ਕਰਦਾ ਹਾਂ, ਘੋਲਿ ਘੁਮਾਂਦਾ ਹਾਂ । ੨੭ ।

ਹੇ ਸੰਤ ਜਨੋ ! ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਕਰਨ ਵਾਲੇ ਬੰਦੇ (ਸੰਸਾਰ-ਸਮੁੰਦਰ ਤੋਂ) ਬਚ ਨਿਕਲਦੇ ਹਨ। (ਜਿਹੜਾ ਭੀ ਮਨੁੱਖ ਇਹ ਉੱਦਮ ਕਰਦਾ ਰਹਿੰਦਾ ਹੈ, ਉਸ ਦੇ ਅੰਦਰੋਂ) ਮਾਇਆ ਦਾ ਮੋਹ ਨਾਸ ਹੋ ਜਾਇਗਾ।੨੮।

(ਹੇ ਸੰਤ ਜਨੋ ! ਇਹ ਕੋਈ ਸੌਖੀ ਖੇਡ ਨਹੀਂ ਹੈ। ਮਾਇਆ ਦੇ ਮੋਹ ਦੀ ਨੀਂਦ ਵਿਚੋਂ) ਉਹੀ ਮਨੁੱਖ ਜਾਗਦੇ ਹਨ, ਜਿਨ੍ਹਾਂ ਨੂੰ ਪ੍ਰਭੂ ਆਪ ਜਗਾਂਦਾ ਹੈ, ਅਜਿਹੇ ਮਨੁੱਖ ਗੁਰੂ ਦੇ ਸ਼ਬਦ ਦੀ ਬਰਕਤ ਨਾਲ ਵਿਚਾਰਵਾਨ ਹੋ ਜਾਂਦੇ ਹਨ। ੨੯।

ਹੇ ਨਾਨਕ !(ਆਖ–ਹੇ ਸੰਤ ਜਨੋ !) ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਨਹੀਂ ਸਿਮਰਦੇ, ਉਹੀ ਮਨੁੱਖ ਆਤਮਕ ਤੌਰ ਤੇ ਮਰੇ ਰਹਿੰਦੇ ਹਨ। ਪਰਮਾਤਮਾ ਦੀ ਭਗਤੀ ਕਰਨ ਵਾਲੇ ਬੰਦੇ ਪਰਮਾਤਮਾ ਦੇ ਗੁਣਾਂ ਦੀ ਵਿਚਾਰ ਦਾ ਸਦਕਾ ਆਤਮਕ ਜੀਵਨ ਵਾਲੇ ਹੋ ਗਏ। ੩੦। ੪।

ਰਾਮਕਲੀ ਮਹਲਾ ੩ ॥ ਨਾਮੁ ਖਜਾਨਾ ਗੁਰ ਤੇ ਪਾਇਆ ਤ੍ਰਿਪਤਿ ਰਹੇ ਆਘਾਈ ॥ ੧ ॥ ਸੰਤਹੁ ਗੁਰਮੁਖਿ ਮੁਕਤਿ ਗਤਿ ਪਾਈ ॥ ਏਕੁ ਨਾਮੁ ਵਸਿਆ ਘਟ ਅੰਤਰਿ ਪੂਰੇ ਕੀ ਵਡਿਆਈ ॥ ੧ ॥ ਰਹਾਉ ॥ ਆਪੇ ਕਰਤਾ ਆਪੇ ਭੁਗਤਾ ਦੇਦਾ ਰਿਜਕੁ ਸਬਾਈ ॥ ੨ ॥ ਜੋ ਕਿਛੁ ਕਰਣਾ ਸੋ ਕਰਿ ਰਹਿਆ ਅਵਰੁ ਨ ਕਰਣਾ ਜਾਈ ॥੩॥ ਆਪੇ ਸਾਜੇ ਸ੍ਰਿਸਟਿ ਉਪਾਏ ਸਿਰਿ ਸਿਰਿ ਧੰਧੈ ਲਾਈ ॥ ੪ ॥ ਤਿਸਹਿ ਸਰੇਵਹੁ ਤਾ ਸੁਖੁ ਪਾਵਹੁ ਸਤਿਗੁਰਿ ਮੇਲਿ ਮਿਲਾਈ ॥ ੫ ॥ ਆਪਣਾ ਆਪੁ ਆਪਿ ਉਪਾਏ ਅਲਖੁ ਨ ਲਖਣਾ ਜਾਈ ॥੬॥ ਆਪੇ ਮਾਰਿ ਜੀਵਾਲੇ ਆਪੇ ਤਿਸ ਨੋ ਤਿਲੁ ਨ ਤਮਾਈ ॥ ੭ ॥ [ਪੰਨਾ ੯੧੧]

ਪਦ ਅਰਥ :–ਗੁਰ ਤੇ–ਗੁਰੂ ਪਾਸੋਂ। ਤ੍ਰਿਪਤਿ ਰਹੇ–(ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਗਏ। ਆਘਾਈ ਰਹੇ–ਆਘਾਇ ਰਹੇ, ਪੂਰਨ ਤੌਰ ਤੇ ਰੱਜ ਗਏ। ੧।

ਸੰਤਹੁ–ਹੇ ਸੰਤ ਜਨੋ ! ਗੁਰਮੁਖਿ–ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ।ਮੁਕਤਿ–ਵਿਕਾਰਾਂ ਤੋਂ ਖਲਾਸੀ। ਗਤਿ–ਉੱਚੀ ਆਤਮਕ ਅਵਸਥਾ। ਘਟ ਅੰਤਰਿ–ਹਿਰਦੇ ਵਿਚ। ਪੂਰੇ ਕੀ–ਸਾਰੇ ਗੁਣਾਂ ਦੇ ਮਾਲਕ-ਪ੍ਰਭੂ ਦੀ। ਵਡਿਆਈ–ਮਿਹਰ, ਬਜ਼ੁਰਗੀ।੧। ਰਹਾਉ।

ਆਪੇ–(ਪ੍ਰਭੂ) ਆਪ ਹੀ। ਕਰਤਾ–(ਜੀਵਾਂ ਨੂੰ) ਪੈਦਾ ਕਰਨ ਵਾਲਾ। ਭੁਗਤਾ–(ਜੀਵਾਂ ਵਿਚ ਬੈਠ ਕੇ) ਭੋਗਣ ਵਾਲਾ। ਸਬਾਈ–ਸਾਰੀ ਲੋਕਾਈ ਨੂੰ। ੨।

ਨ ਕਰਣਾ ਜਾਈ–ਨਹੀਂ ਕੀਤਾ ਜਾ ਸਕਦਾ। ਅਵਰੁ–ਕੁਝ ਹੋਰ। ੩।

ਸਾਜੇ–ਸਾਜਦਾ ਹੈ, ਬਣਾਂਦਾ ਹੈ, ਪੈਦਾ ਕਰਦਾ ਹੈ । ਸਿਰਿ–ਸਿਰ ਉਤੇ । ਸਿਰਿ ਸਿਰਿ–ਹਰੇਕ ਦੇ ਸਿਰ ਉਤੇ । ਧੰਧੈ–(ਮਾਇਆ ਦੇ) ਜੰਜਾਲ ਦੀ (ਪੋਟਲੀ) । ਲਾਈ–ਚੰਬੋੜੀ ਹੋਈ ਹੈ । ੪ ।

ਤਿਸਹਿ–[ਤਿਸੁ ਹੀ]ਉਸ ਪ੍ਰਭੂ ਨੂੰ ਹੀ । ਸਰੇਵਹੁ–ਸੇਵਾ-ਭਗਤੀ ਕਰੋ । ਸਤਿਗੁਰਿ –ਗੁਰੂ ਨੇ । ਮੇਲਿ–ਪ੍ਰਭੂ ਦੇ ਮਿਲਾਪ ਵਿਚ । ੫ ।

ਆਪੁ–ਆਪੇ ਨੂੰ । ਉਪਾਏ–ਪਰਗਟ ਕਰਦਾ ਹੈ । ਅਲਖੁ–ਜਿਸ ਦਾ ਸਹੀ ਸਰੂਪ ਦੱਸਿਆ ਨਾਹ ਜਾ ਸਕੇ । ੬ ।

ਮਾਰਿ–ਮਾਰ ਕੇ, ਆਤਮਕ ਮੌਤ ਦੇ ਕੇ । ਜੀਵਾਲੇ–ਆਤਮਕ ਜੀਵਨ ਦੇਂਦਾ ਹੈ । ਤਿਸ ਨੋ–[ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ] । ਤਿਲੁ–ਰਤਾ ਭਰ ਭੀ । ਤਮਾਈ–ਤਮ੍ਹਾ, ਲਾਲਚ । ੭ ।

ਅਰਥ :–ਹੇ ਸੰਤ ਜਨੋ ! ਜਿਹੜਾ ਮਨੁੱਖ ਗੁਰੂ ਦੇ ਸਨਮੁਖ ਰਹਿੰਦਾ ਹੈ, ਉਹ ਵਿਕਾਰਾਂ ਤੋਂ ਖਲਾਸੀ ਹਾਸਲ ਕਰ ਲੈਂਦਾ ਹੈ, ਉਹ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲੈਂਦਾ ਹੈ, ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ ਹੀ ਵੱਸਿਆ ਰਹਿੰਦਾ ਹੈ, (ਪਰ ਗੁਰੂ ਭੀ ਤਦੋਂ ਹੀ ਮਿਲਦਾ ਹੈ ਜੇ) ਸਾਰੇ ਗੁਣਾਂ ਦੇ ਮਾਲਕ-ਪ੍ਰਭੂ ਦੀ ਮਿਹਰ ਹੋਵੇ। ੧ । ਰਹਾਉ ।

ਹੇ ਸੰਤ ਜਨੋ ! ਪਰਮਾਤਮਾ ਦਾ ਨਾਮ-ਖ਼ਜ਼ਾਨਾ ਗੁਰੂ ਪਾਸੋਂ ਮਿਲਦਾ ਹੈ, (ਜਿਨ੍ਹਾਂ ਨੂੰ ਇਹ ਖ਼ਜ਼ਾਨਾ ਮਿਲ ਜਾਂਦਾ ਹੈ,ਉਹ ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰਨ ਤੌਰ ਤੇ ਰੱਜ ਜਾਂਦੇ ਹਨ । ੧ ।

(ਹੇ ਸੰਤ ਜਨੋ !) ਪਰਮਾਤਮਾ ਆਪ ਹੀ ਸਭ ਜੀਵਾਂ ਦਾ ਪੈਦਾ ਕਰਨ ਵਾਲਾ ਹੈ, (ਸਭ ਜੀਵਾਂ ਵਿਚ ਵਿਆਪਕ ਹੋ ਕੇ) ਆਪ ਹੀ (ਸਾਰੇ ਭੋਗ) ਭੋਗਣ ਵਾਲਾ ਹੈ, ਸਾਰੀ ਲੋਕਾਈ ਨੂੰ (ਆਪ ਹੀ) ਰਿਜ਼ਕ ਦੇਣ ਵਾਲਾ ਹੈ । ੨ ।

ਹੇ ਸੰਤ ਜਨੋ ! ਉਹ ਪ੍ਰਭੂ ਆਪ ਹੀ ਜੋ ਕੁਝ ਕਰਨਾ ਚਾਹੁੰਦਾ ਹੈ ਕਰ ਰਿਹਾ ਹੈ, ਕਿਸੇ ਜੀਵ ਪਾਸੋਂ ਉਸ ਦੇ ਉਲਟ ਕੁਝ ਹੋਰ ਨਹੀਂ ਕੀਤਾ ਜਾ ਸਕਦਾ ।੩।

ਹੇ ਸੰਤ ਜਨੋ ! ਪ੍ਰਭੂ ਆਪ ਹੀ (ਸਭ ਜੀਵਾਂ ਦੀ) ਘਾੜਤ ਘੜਦਾ ਹੈ, ਆਪ ਹੀ ਇਹ ਜਗਤ ਪੈਦਾ ਕਰਦਾ ਹੈ, ਹਰੇਕ ਜੀਵ ਦੇ ਸਿਰ ਉਤੇ ਉਸ ਨੇ ਆਪ ਹੀ (ਮਾਇਆ ਦੇ) ਜੰਜਾਲ ਦੀ (ਪੋਟਲੀ) ਚੰਬੋੜੀ ਹੋਈ ਹੈ । ੪ ।

ਹੇ ਸੰਤ ਜਨੋ ! ਉਸ ਪਰਮਾਤਮਾ ਨੂੰ ਹੀ ਸਿਮਰਦੇ ਰਹੋ, ਤਦੋਂ ਹੀ ਆਤਮਕ ਆਨੰਦ ਹਾਸਲ ਕਰ ਸਕੋਗੇ । (ਪਰ ਸਿਮਰਦਾ ਉਹੀ ਹੈ ਜਿਸ ਨੂੰ)ਗੁਰੂ ਨੇ ਪਰਮਾਤਮਾ ਦੇ ਚਰਨਾਂ ਵਿਚ ਜੋੜਿਆ ਹੈ । ੫ ।

ਹੇ ਸੰਤ ਜਨੋ ! ਪ੍ਰਭੂ ਆਪ ਹੀ ਆਪਣਾ ਆਪ (ਕਿਸੇ ਜੀਵ ਦੇ ਹਿਰਦੇ ਵਿਚ) ਪਰਗਟ ਕਰਦਾ ਹੈ, ਉਹ ਅਲੱਖ ਹੈ, ਉਸ ਦਾ ਸਹੀ ਸਰੂਪ ਬਿਆਨ ਨਹੀਂ ਕੀਤਾ ਜਾ ਸਕਦਾ। ੬।

(ਹੇ ਸੰਤ ਜਨੋ ! ਜੀਵਾਂ ਨੂੰ) ਆਤਮਕ ਮੌਤ ਦੇ ਕੇ (ਫਿਰ) ਆਪ ਹੀ ਪ੍ਰਭੂ ਆਤਮਕ ਜੀਵਨ ਦੇਂਦਾ ਹੈ। ਉਸ ਨੂੰ ਕਿਸੇ ਤਰ੍ਹਾਂ ਦਾ ਕੋਈ ਰਤਾ ਭਰ ਭੀ ਲਾਲਚ ਨਹੀਂ ਹੈ।੭।

ਇਕਿ ਦਾਤੇ ਇਕਿ ਮੰਗਤੇ ਕੀਤੇ ਆਪੇ ਭਗਤਿ ਕਰਾਈ ॥ ੮ ॥ ਸੇ ਵਡਭਾਗੀ ਜਿਨੀ ਏਕੋ ਜਾਤਾ ਸਚੇ ਰਹੇ ਸਮਾਈ ॥ ੯ ॥ ਆਪਿ ਸਰੂਪੁ ਸਿਆਣਾ ਆਪੇ ਕੀਮਤਿ ਕਹਣੁ ਨ ਜਾਈ ॥ ੧੦ ॥ ਆਪੇ ਦੁਖੁ ਸੁਖੁ ਪਾਏ ਅੰਤਰਿ ਆਪੇ ਭਰਮਿ ਭੁਲਾਈ ॥ ੧੧ ॥ ਵਡਾ ਦਾਤਾ ਗੁਰਮੁਖਿ ਜਾਤਾ ਨਿਗੁਰੀ ਅੰਧ ਫਿਰੈ ਲੋਕਾਈ ॥੧੨॥ ਜਿਨੀ ਚਾਖਿਆ ਤਿਨਾ ਸਾਦੁ ਆਇਆ ਸਤਿਗੁਰਿ ਬੂਝ ਬੁਝਾਈ ॥੧੩॥ ਇਕਨਾ ਨਾਵਹੁ ਆਪਿ ਭੁਲਾਏ ਇਕਨਾ ਗੁਰਮੁਖਿ ਦੇਇ ਬੁਝਾਈ ॥ ੧੪ ॥ [ਪੰਨਾ ੯੧੨]

ਪਦ ਅਰਥ :-ਇਕਿ-[ਲਫ਼ਜ਼ 'ਇਕ' ਤੋਂ ਬਹੁ ਵਚਨ] ਕਈ (ਜੀਵ)। ਦਾਤੇ-ਲੋੜਵੰਦਿਆਂ ਦੀ ਮਦਦ ਕਰ ਸਕਣ ਵਾਲੇ। ੮।

ਸੇ-[ਬਹੁ ਵਚਨ] ਉਹ (ਬੰਦੇ)। ਜਾਤਾ-ਪਛਾਣਿਆ, ਸਾਂਝ ਪਾਈ। ਸਚੇ-ਸਦਾ-ਥਿਰ ਪ੍ਰਭੂ ਵਿਚ। ਰਹੇ ਸਮਾਈ-ਰਹੇ ਸਮਾਇ, ਸਦਾ ਟਿਕੇ ਰਹੇ। ੯।

ਸਰੂਪੁ-ਰੂਪ ਵਾਲਾ, ਸੋਹਣਾ। ਆਪੇ-ਆਪ ਹੀ। ੧੦।

ਅੰਤਰਿ-(ਹਰੇਕ ਜੀਵ ਦੇ) ਅੰਦਰ। ਭਰਮਿ-ਭਟਕਣਾ ਵਿਚ। ਭੁਲਾਈ-ਕੁਰਾਹੇ ਪਾ ਦੇਂਦਾ ਹੈ। ੧੧।

ਗੁਰਮੁਖਿ-ਗੁਰੂ ਦੇ ਸਨਮੁਖ ਰਹਿਣ ਵਾਲੇ ਨੇ। ਅੰਧ-ਅੰਨ੍ਹੀ। ੧੨।

ਸਾਦੁ-ਸੁਆਦ, ਆਨੰਦ। ਸਤਿਗੁਰਿ-ਗੁਰੂ ਨੇ। ਬੂਝ-ਸੂਝ। ਬੁਝਾਈ-ਸਮਝਾਈ। ੧੩।

ਇਕਨਾ-ਕਈ ਜੀਵਾਂ ਨੂੰ। ਨਾਵਹੁ-(ਆਪਣੇ) ਨਾਮ ਤੋਂ। ਦੇਇ ਬੁਝਾਈ-ਸਮਝ ਦੇਂਦਾ ਹੈ। ੧੪।

ਅਰਥ :-ਹੇ ਸੰਤ ਜਨੋ ! ਜਗਤ ਵਿਚ ਪਰਮਾਤਮਾ ਨੇ ਕਈ ਜੀਵਾਂ ਨੂੰ ਦੂਜਿਆਂ ਦੀ ਮਦਦ ਕਰਨ ਦੇ ਸਮਰੱਥ ਬਣਾ ਦਿੱਤਾ ਹੈ, ਕਈ ਜੀਵ ਉਸ ਨੇ ਕੰਗਾਲ-ਮੰਗਤੇ ਬਣਾ ਦਿੱਤੇ ਹਨ। (ਜਿਨ੍ਹਾਂ ਉਤੇ ਮਿਹਰ ਕਰਦਾ ਹੈ ਉਹਨਾਂ ਪਾਸੋਂ) ਆਪਣੀ ਭਗਤੀ ਪਰ-ਮਾਤਮਾ ਆਪ ਹੀ ਕਰਾਂਦਾ ਹੈ। ੮।

ਹੇ ਸੰਤ ਜਨੋ ! ਜਿਨ੍ਹਾਂ ਬੰਦਿਆਂ ਨੇ ਇਕ ਪਰਮਾਤਮਾ ਨਾਲ ਜਾਣ-ਪਛਾਣ ਬਣਾ

ਲਈ ਹੈਂ ਉਹ ਵੱਡੇ ਭਾਗਾਂ ਵਾਲੇ ਹਨ, ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ (ਦੀ ਯਾਦ) ਵਿਚ ਲੀਨ ਰਹਿੰਦੇ ਹਨ। ੯।

ਹੇ ਸੰਤ ਜਨੋ! ਪਰਮਾਤਮਾ ਆਪ (ਸਭ ਤੋਂ) ਸੁੰਦਰ ਹੈ (ਸਭ ਤੋਂ) ਸਿਆਣਾ (ਭੀ) ਆਪ ਹੀ ਹੈ। (ਉਸ ਦੀ ਸੁੰਦਰਤਾ ਤੇ ਸਿਆਣਪ ਦਾ) ਮੁੱਲ ਦੱਸਿਆ ਨਹੀਂ ਜਾ ਸਕਦਾ। ੧੦।

ਹੇ ਸੰਤ ਜਨੋ! ਹਰੇਕ ਜੀਵ ਦੇ ਅੰਦਰ ਪਰਮਾਤਮਾ ਆਪ ਹੀ ਦੁੱਖ ਪੈਦਾ ਕਰਦਾ ਹੈ। ਆਪ ਹੀ ਸੁਖ (ਭੀ) ਦੇਂਦਾ ਹੈ। ਉਹ ਆਪ ਹੀ ਜੀਵ ਨੂੰ ਭਟਕਣਾ ਵਿਚ ਪਾ ਕੇ ਉਸ ਨੂੰ ਕੁਰਾਹੇ ਪਾ ਦੇਂਦਾ ਹੈ।੧੧।

ਹੇ ਸੰਤ ਜਨੋ! ਜਿਸ ਮਨੁੱਖ ਨੇ ਗੁਰੂ ਦੀ ਸਰਨ ਲਈ, ਉਸ ਨੇ ਉਸ ਵੱਡੇ ਦਾਤਾਰ ਪ੍ਰਭੂ ਨਾਲ ਸਾਂਝ ਪਾ ਲਈ; ਪਰ ਮਾਇਆ ਦੇ ਮੋਹ ਵਿਚ ਅੰਨ੍ਹੀ ਹੋਈ ਲੋਕਾਈ ਭਟ-ਕਦੀ ਫਿਰਦੀ ਹੈ। ੧੨।

ਹੇ ਸੰਤ ਜਨੋ! ਜਿਨ੍ਹਾਂ ਨੂੰ ਗੁਰੂ ਨੇ (ਨਾਮ ਅੰਮ੍ਰਿਤ ਦੀ) ਕਦਰ ਬਖ਼ਸ਼ੀ, ਜਿਨ੍ਹਾਂ ਨੇ (ਇਸ ਤਰ੍ਹਾਂ ਨਾਮ-ਅੰਮ੍ਰਿਤ) ਚੱਖ ਲਿਆ, ਉਹਨਾਂ ਨੂੰ ਉਸ ਦਾ ਆਨੰਦ ਆ ਗਿਆ (ਤੇ ਉਹ ਸਦਾ ਨਾਮ ਵਿਚ ਜੁੜੇ ਰਹੇ)। ੧੩।

(ਹੇ ਸੰਤ ਜਨੋ! ਜੀਵਾਂ ਦੇ ਵੱਸ ਦੀ ਗੱਲ ਨਹੀਂ) ਕਈ ਜੀਵਾਂ ਨੂੰ ਪਰਮਾਤਮਾ ਆਪ (ਹੀ) ਆਪਣੇ ਨਾਮ ਤੋਂ ਖੁੰਝਾ ਦੇਂਦਾ ਹੈ, ਤੇ ਕਈ ਜੀਵਾਂ ਨੂੰ ਗੁਰੂ ਦੀ ਸਰਨ ਪਾ ਕੇ (ਆਪਣੇ ਨਾਮ ਦੀ) ਸੂਝ ਬਖ਼ਸ਼ ਦੇਂਦਾ ਹੈ। ੧੪।

ਸਦਾ ਸਦਾ ਸਾਲਾਹਿਹੁ ਸੰਤਹੁ ਤਿਸ ਦੀ ਵਡੀ ਵਡਿਆਈ ॥੧੫॥ ਤਿਸੁ ਬਿਨੁ ਅਵਰੁ ਨ ਕੋਈ ਰਾਜਾ ਕਰਿ ਤਪਾਵਸੁ ਬਣਤ ਬਣਾਈ ॥੧੬॥ ਨਿਆਉ ਤਿਸੈ ਕਾ ਹੈ ਸਦ ਸਾਚਾ ਵਿਰਲੇ ਹੁਕਮੁ ਮਨਾਈ ॥੧੭॥ ਤਿਸ ਨੋ ਪ੍ਰਾਣੀ ਸਦਾ ਧਿਆਵਹੁ ਜਿਨਿ ਗੁਰਮੁਖਿ ਬਣਤ ਬਣਾਈ ॥ ੧੮ ॥ ਸਤਿ-ਗੁਰ ਭੇਟੈ ਸੋ ਜਨੁ ਸੀਝੈ ਜਿਸੁ ਹਿਰਦੈ ਨਾਮੁ ਵਸਾਈ ॥ ੧੯ ॥ ਸਚਾ ਆਪਿ ਸਦਾ ਹੈ ਸਾਚਾ ਬਾਣੀ ਸਬਦਿ ਸੁਣਾਈ ॥ ੨੦ ॥ ਨਾਨਕ ਸੁਣਿ ਵੇਖਿ ਰਹਿਆ ਵਿਸਮਾਦੁ ਮੇਰਾ ਪ੍ਰਭੁ ਰਵਿਆ ਸ੍ਰਬ ਥਾਈ॥੨੧॥੫॥[ਪੰਨਾ ੯੧੨]

ਪਦ ਅਰਥ :-ਸਾਲਾਹਿਹੁ-ਸਿਫ਼ਤਿ ਸਾਲਾਹ ਕਰਦੇ ਰਿਹਾ ਕਰੋ। ਤਿਸ ਦੀ -[ਸੰਬੰਧਕ 'ਦੀ' ਦੇ ਕਾਰਨ ਲਫ਼ਜ਼ 'ਤਿਸੁ' ਦਾ _ ਉੱਡ ਗਿਆ ਹੈ] ਉਸ (ਪਰਮਾਤਮਾ) ਦੀ। ਵਡਿਆਈ-ਸੋਭਾ, ਨਾਮਣਾ। ੧੫।

ਰਾਜਾ-ਹਾਕਮ, ਪਾਤਿਸ਼ਾਹ। ਕਰਿ-ਕਰ ਕੇ। ਤਪਾਵਸੁ-ਨਿਆਂਉ। ਬਣਤ-ਮਰ-

ਯਾਦਾ, ਸਿਫ਼ਤਿ ਸਾਲਾਹ ਕਰਨ ਦੀ ਮਰਯਾਦਾ। ੧੬।

ਨਿਆਉ—ਇਨਸਾਫ਼। ਸਦ—ਸਦਾ। ਸਾਚਾ—ਅਟੱਲ, ਸਦਾ ਕਾਇਮ ਰਹਿਣ ਵਾਲਾ। ਮਨਾਈ—ਮਨਾਂਦਾ ਹੈ, ਮੰਨਣ ਲਈ ਪ੍ਰੇਰਨਾ ਕਰਦਾ ਹੈ। ੧੭।

ਤਿਸ ਨੋ—[ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ]। ਪ੍ਰਾਣੀ—ਹੇ ਪ੍ਰਾਣੀ! ਜਿਨਿ—ਜਿਸ (ਪਰਮਾਤਮਾ) ਨੇ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣਾ। ਗੁਰਮੁਖਿ ਬਣਤ—ਗੁਰੂ ਦੇ ਸਨਮੁਖ ਦੀ ਰੀਤ। ੧੮।

ਭੇਟੈ—ਮਿਲਦਾ ਹੈ। ਸਤਿਗੁਰ ਭੇਟੈ—(ਜੋ ਮਨੁੱਖ) ਗੁਰੂ ਨੂੰ ਮਿਲਦਾ ਹੈ [ਨੋਟ! "ਸਤਿਗੁਰੁ ਭੇਟੈ'—(ਜਿਸ ਮਨੁੱਖ ਨੂੰ) ਗੁਰੂ ਮਿਲਦਾ ਹੈ]। ਸੀਝੈ—ਕਾਮਯਾਬ ਹੋ ਜਾਂਦਾ ਹੈ। ਜਿਸੁ ਹਿਰਦੈ—ਜਿਸ ਦੇ ਹਿਰਦੇ ਵਿਚ। ੧੯।

ਸਚਾ—ਸਦਾ ਕਾਇਮ ਰਹਿਣ ਵਾਲਾ। ਬਾਨੀ—ਬਾਣੀ ਦੀ ਰਾਹੀਂ। ਸਬਦਿ—ਸ਼ਬਦ ਦੀ ਰਾਹੀਂ। ਸੁਣਾਈ—(ਗੁਰੂ) ਸੁਣਾਂਦਾ ਹੈ। ੨੦।

ਸੁਣਿ ਵੇਖਿ ਰਹਿਆ—ਸੁਣਿ ਰਹਿਆ ਵੇਖਿ ਰਹਿਆ, (ਹਰੇਕ ਜੀਵ ਦੀ ਗੱਲ) ਸੁਣ ਰਿਹਾ ਹੈ (ਹਰੇਕ ਜੀਵ ਦਾ ਕੰਮ) ਵੇਖ ਰਿਹਾ ਹੈ। ਵਿਸਮਾਦੁ—ਅਸਚਰਜ-ਰੂਪ ਪਰਮਾਤਮਾ। ਰਵਿਆ—ਵਿਆਪਕ ਹੈ। ਸ੍ਰਬ—ਸਰਬ, ਸਾਰੇ। ਥਾਈ—ਥਾਈਂ, ਥਾਵਾਂ ਵਿਚ। ੨੧।

ਅਰਥ:—ਹੇ ਸੰਤ ਜਨੋ! ਉਸ ਪਰਮਾਤਮਾ ਦੀ ਸਿਫ਼ਤਿ ਸਾਲਾਹ ਸਦਾ ਕਰਦੇ ਰਿਹਾ ਕਰੋ, ਸਦਾ ਕਰਦੇ ਰਿਹਾ ਕਰੋ। ਉਸ (ਪ੍ਰਭੂ) ਦਾ ਨਾਮਣਾ ਬਹੁਤ ਵੱਡਾ ਹੈ। ੧੫।

ਹੇ ਸੰਤ ਜਨੋ! ਪ੍ਰਭੂ ਤੋਂ ਬਿਨਾ (ਉਸ ਦੇ ਬਰਾਬਰ ਦਾ) ਹੋਰ ਕੋਈ ਪਾਤਿਸ਼ਾਹ ਨਹੀਂ ਹੈ। ਉਸ ਨੇ ਪੂਰਾ ਇਨਸਾਫ਼ ਕਰ ਕੇ ਸਿਫ਼ਤਿ ਸਾਲਾਹ ਕਰਨ ਦੀ ਇਹ ਰੀਤ ਚਲਾਈ ਹੈ। ੧੬।

ਹੇ ਸੰਤ ਜਨੋ! ਉਸ ਪਰਮਾਤਮਾ ਦਾ ਹੀ ਇਨਸਾਫ਼ (ਕਰਨ ਵਾਲਾ ਹੁਕਮ) ਸਦਾ ਅਟੱਲ ਹੈ, ਕਿਸੇ ਵਿਰਲੇ (ਭਾਗਾਂ ਵਾਲੇ) ਨੂੰ ਉਹ ਪ੍ਰਭੂ (ਇਹ) ਹੁਕਮ ਮੰਨਣ ਲਈ ਪ੍ਰੇਰਨਾ ਕਰਦਾ ਹੈ। ੧੭।

ਹੇ ਪ੍ਰਾਣੀਹੋ! ਜਿਸ ਪਰਮਾਤਮਾ ਨੇ (ਬੰਦਿਆਂ ਵਾਸਤੇ) ਗੁਰੂ ਦੇ ਸਨਮੁਖ ਰਹਿਣ ਦੀ ਮਰਯਾਦਾ ਚਲਾਈ ਹੋਈ ਹੈ, ਸਦਾ ਉਸ ਦਾ ਧਿਆਨ ਧਰਦੇ ਰਿਹਾ ਕਰੋ। ੧੮।

ਹੇ ਸੰਤ ਜਨੋ! (ਜਿਹੜਾ ਮਨੁੱਖ) ਗੁਰੂ ਨੂੰ ਮਿਲਦਾ ਹੈ (ਭਾਵ, ਗੁਰੂ ਦੀ ਸਰਨ ਪੈਂਦਾ ਹੈ), ਜਿਸ ਮਨੁੱਖ ਦੇ ਹਿਰਦੇ ਵਿਚ (ਗੁਰੂ, ਪਰਮਾਤਮਾ ਦਾ) ਨਾਮ ਵਸਾਂਦਾ ਹੈ ਉਹ ਮਨੁੱਖ (ਜ਼ਿੰਦਗੀ ਦੀ ਖੇਡ ਵਿਚ) ਕਾਮਯਾਬ ਹੋ ਜਾਂਦਾ ਹੈ। ੧੯।

ਹੇ ਸੰਤ ਜਨੋ! (ਗੁਰੂ ਆਪਣੀ) ਬਾਣੀ ਦੀ ਰਾਹੀਂ (ਆਪਣੇ) ਸ਼ਬਦ ਦੀ ਰਾਹੀਂ

(ਸਰਨ ਆਏ ਸਿੱਖਾਂ ਨੂੰ ਇਹ ਉਪਦੇਸ਼) ਸੁਣਾਂਦਾ ਰਹਿੰਦਾ ਹੈ ਕਿ ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ, ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ। ੨੦।

ਹੇ ਨਾਨਕ ! (ਆਖ—ਹੇ ਸੰਤ ਜਨੋ !) ਪਰਮਾਤਮਾ ਅਸਚਰਜ-ਰੂਪ ਹੈ, ਮੇਰਾ ਪਰਮਾਤਮਾ ਸਭਨੀਂ ਥਾਈਂ ਮੌਜੂਦ ਹੈ (ਹਰੇਕ ਜੀਵ ਵਿਚ ਵਿਆਪਕ ਹੋ ਕੇ) ਉਹ (ਹਰੇਕ ਦੇ ਦਿਲ ਦੀ) ਸੁਣ ਰਿਹਾ ਹੈ, (ਹਰੇਕ ਦਾ ਕੰਮ) ਵੇਖ ਰਿਹਾ ਹੈ।੨।੧।੫।

ਰਾਮਕਲੀ ਮਹਲਾ ੫ ਅਸਟਪਦੀਆ

ੴ ਸਤਿਗੁਰਪ੍ਰਸਾਦਿ ॥ ਕਿਨ ਹੀ ਕੀਆ ਪਰਵਿਰਤਿ ਪਸਾਰਾ ॥ ਕਿਨ ਹੀ ਕੀਆ ਪੂਜਾ ਬਿਸਥਾਰਾ ॥ ਕਿਨ ਹੀ ਨਿਵਲ ਭੁਇਅੰਗਮ ਸਾਧੇ ॥ ਮੋਹਿ ਦੀਨ ਹਰਿ ਹਰਿ ਆਰਾਧੇ ॥ ੧ ॥ ਤੇਰਾ ਭਰੋਸਾ ਪਿਆਰੇ ॥ ਆਨ ਨ ਜਾਨਾ ਵੇਸਾ ॥ ੧ ॥ ਰਹਾਉ ॥ ਕਿਨ ਹੀ ਗ੍ਰਿਹੁ ਤਜਿ ਵਣਖੰਡਿ ਪਾਇਆ ॥ ਕਿਨ ਹੀ ਮੋਨਿ ਅਉਧੂਤੁ ਸਦਾਇਆ ॥ ਕੋਈ ਕਹਤਉ ਅਨੰਨਿ ਭਗਉਤੀ ॥ ਮੋਹਿ ਦੀਨ ਹਰਿ ਹਰਿ ਓਟ ਲੀਤੀ ॥ ੨ ॥ ਕਿਨ ਹੀ ਕਹਿਆ ਹਉ ਤੀਰਥ ਵਾਸੀ ॥ ਕੋਈ ਅੰਨੁ ਤਜਿ ਭਇਆ ਉਦਾਸੀ ॥ ਕਿਨ ਹੀ ਭਵਨੁ ਸਭ ਧਰਤੀ ਕਰਿਆ ॥ ਮੋਹਿ ਦੀਨ ਹਰਿ ਹਰਿ ਦਰਿ ਪਰਿਆ ॥ ੩ ॥ [੯੧੨]

ਪਦ ਅਰਥ :—ਕਿਨ ਹੀ—[ਕਿਨਿ ਹੀ। ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਕਿਨਿ' ਦੀ ਿ ਉੱਡ ਗਈ ਹੈ। ਕਿਨਿ—ਕਿਸ ਨੇ ?] ਕਿਸੇ ਨੇ। ਪਰਵਿਰਤਿ—[ਪ੍ਰਵ੍ਰਿੱਤਿ —Active life, Taking an active part in worldly affairs] ਦੁਨੀਆਦਾਰੀ, ਗ੍ਰਿਹਸਤ ਜੀਵਨ। ਪਸਾਰਾ—ਖਿਲਾਰਾ। ਬਿਸਥਾਰਾ—ਖਿਲਾਰਾ। ਨਿਵਲ—ਨਿਉਲੀ ਕਰਮ, ਪੇਟ ਸਾਫ਼ ਰੱਖਣ ਵਾਸਤੇ ਆਂਦਰਾਂ ਨੂੰ ਭੁਆਣ ਦੀ ਯੋਗਿਕ ਕਿਰਿਆ। ਭੁਇਅੰਗਮ —ਸੱਪ, ਸੱਪ ਦੀ ਸ਼ਕਲ ਦੀ ਕੁੰਡਲਨੀ ਨਾੜੀ, ਇਸ ਨਾੜੀ ਵਿਚੋਂ ਸੁਆਸ ਲੰਘਾ ਕੇ ਦਸਮਦੁਆਰ ਵਿਚ ਅਪੜਾਣ ਦੀ ਕਿਰਿਆ। ਸਾਧੇ—ਸਾਧਨ ਕੀਤੇ। ਮੋਹਿ—ਮੈਂ। ਮੋਹਿ ਦੀਨ—ਮੈਂ ਗ਼ਰੀਬ ਨੇ। ਆਰਾਧੇ—ਸਿਮਰਿਆ ਹੈ। ੧।

ਭਰੋਸਾ—ਆਸਰਾ। ਆਨ—ਕੋਈ ਹੋਰ [अन्य]। ਜਾਨਾ—ਜਾਨਾਂ, ਮੈਂ ਜਾਣਦਾ। ਵੇਸ—ਭੇਖ। ੧। ਰਹਾਉ।

ਗ੍ਰਿਹੁ—ਘਰ, ਗ੍ਰਿਹਸਤ। ਤਜਿ—ਛੱਡ ਕੇ। ਵਣ ਖੰਡਿ—ਜੰਗਲ ਦੇ ਟੋਟੇ ਵਿਚ, ਜੰਗਲ ਦੀ ਨੁੱਕਰ ਵਿਚ। ਮੋਨਿ—ਸਦਾ ਚੁੱਪ ਰਹਿਣ ਵਾਲਾ। ਅਉਧੂਤੁ—ਤਿਆਗੀ। ਕਹਤਉ—ਕਹਤਾ, ਆਖਦਾ ਹੈ। ਅਨੰਨਿ—[अनन्य। न अन्य] ਕੋਈ ਹੋਰ ਆਸਰਾ ਨਾਹ ਤੱਕਣ ਵਾਲਾ। ਭਗਉਤੀ—ਭਗਵਾਨ ਦੀ ਭਗਤੀ ਕਰਨ ਵਾਲਾ। ੨।

ਹਉ–ਹਉਂ, ਮੈਂ । ਵਾਸੀ–ਵੱਸਣ ਵਾਲਾ । ਉਦਾਸੀ–ਉਪਰਾਮ । ਭਵਨੁ–ਰਟਨ। ਹਰਿ ਦਰਿ–ਹਰੀ ਦੇ ਦਰ ਤੇ । ੩ ।

ਅਰਥ :–ਹੇ ਮੇਰੇ ਪਿਆਰੇ ਪ੍ਰਭੂ ! ਮੈਨੂੰ ਸਿਰਫ਼ ਤੇਰਾ ਆਸਰਾ ਹੈ । ਮੈਂ ਕੋਈ ਹੋਰ ਭੇਖ ਕਰਨਾ ਨਹੀਂ ਜਾਣਦਾ । ੧ । ਰਹਾਉ ।

(ਹੇ ਭਾਈ !) ਕਿਸੇ ਨੇ (ਨਿਰਾ) ਦੁਨੀਆਦਾਰੀ ਦਾ ਖਿਲਾਰਾ ਖਿਲਾਰਿਆ ਹੋਇਆ ਹੈ, ਕਿਸੇ ਨੇ (ਦੇਵਤਿਆਂ ਆਦਿਕ ਦੀ) ਪੂਜਾ ਦਾ ਅਡੰਬਰ ਰਚਾਇਆ ਹੋਇਆ ਹੈ। ਕਿਸੇ ਨੇ ਨਿਉਲੀ ਕਰਮ ਅਤੇ ਕੁੰਡਲਨੀ ਨਾੜੀ ਦੇ ਸਾਧਨਾਂ ਵਿਚ ਰੁਚੀ ਰੱਖੀ ਹੋਈ ਹੈ। ਪਰ ਮੈਂ ਗ਼ਰੀਬ ਪਰਮਾਤਮਾ ਦਾ ਸਿਮਰਨ ਹੀ ਕਰਦਾ ਹਾਂ । ੧ ।

(ਹੇ ਭਾਈ !) ਕਿਸੇ ਨੇ ਘਰ ਛੱਡ ਕੇ ਜੰਗਲ ਦੀ ਨੁੱਕਰ ਵਿਚ ਜਾ ਡੇਰਾ ਲਾਇਆ ਹੈ, ਕਿਸੇ ਨੇ ਆਪਣੇ ਆਪ ਨੂੰ ਮੋਨ-ਧਾਰੀ ਤਿਆਗੀ ਸਾਧੂ ਅਖਵਾਇਆ ਹੈ। ਕੋਈ ਇਹ ਆਖਦਾ ਹੈ ਕਿ ਮੈਂ ਅਨੰਨ ਭਗਉਤੀ ਹਾਂ (ਹੋਰ ਆਸਰੇ ਛੱਡ ਕੇ ਸਿਰਫ਼ ਭਗਵਾਨ ਦਾ ਭਗਤ ਹਾਂ) । ਪਰ ਮੈਂ ਗਰੀਬ ਨੇ ਸਿਰਫ਼ ਪਰਮਾਤਮਾ ਦਾ ਆਸਰਾ ਲਿਆ ਹੈ ।੨।

(ਹੇ ਭਾਈ !) ਕਿਸੇ ਨੇ ਆਖਿਆ ਹੈ ਕਿ ਮੈਂ ਤੀਰਥਾਂ ਉੱਤੇ ਹੀ ਨਿਵਾਸ ਰੱਖਦਾ ਹਾਂ । ਕੋਈ ਮਨੁੱਖ ਅੰਨ ਛੱਡ ਕੇ (ਦੁਨੀਆਂ ਵਲੋਂ) ਉਪਰਾਮ ਹੋਇਆ ਬੈਠਾ ਹੈ। ਕਿਸੇ ਨੇ ਸਾਰੀ ਧਰਤੀ ਉਤੇ ਰਟਨ ਕਰਨ ਦਾ ਆਹਰ ਫੜਿਆ ਹੋਇਆ ਹੈ । ਪਰ ਮੈਂ ਗ਼ਰੀਬ ਸਿਰਫ਼ ਪਰਮਾਤਮਾ ਦੇ ਦਰ ਤੇ ਆ ਪਿਆ ਹਾਂ । ੩ ।

ਕਿਨ ਹੀ ਕਹਿਆ ਮੈ ਕੁਲਹਿ ਵਡਿਆਈ ॥ ਕਿਨ ਹੀ ਕਹਿਆ ਬਾਹ ਬਹੁ ਭਾਈ ॥ ਕੋਈ ਕਹੈ ਮੈ ਧਨਹਿ ਪਸਾਰਾ ॥ ਮੋਹਿ ਦੀਨ ਹਰਿ ਹਰਿ ਆਧਾਰਾ ।।੪।। ਕਿਨ ਹੀ ਘੂਘਰ ਨਿਰਤਿ ਕਰਾਈ ॥ ਕਿਨ ਹੂ ਵਰਤ ਨੇਮ ਮਾਲਾ ਪਾਈ ॥ ਕਿਨ ਹੀ ਤਿਲਕੁ ਗੋਪੀਚੰਦਨ ਲਾਇਆ ॥ ਮੋਹਿ ਦੀਨ ਹਰਿ ਹਰਿ ਹਰਿ ਧਿਆਇਆ ॥ ੫ ॥ ਕਿਨ ਹੀ ਸਿਧ ਬਹੁ ਚੇਟਕ ਲਾਏ ॥ ਕਿਨ ਹੀ ਭੇਖ ਬਹੁ ਥਾਟ ਬਨਾਏ ॥ ਕਿਨ ਹੀ ਤੰਤ ਮੰਤ ਬਹੁ ਖੇਵਾ ॥ ਮੋਹਿ ਦੀਨ ਹਰਿ ਹਰਿ ਹਰਿ ਸੇਵਾ ॥ ੬ ॥ [ਪੰਨਾ ੯੧੩]

ਪਦ ਅਰਥ :–ਕੁਲਹਿ–ਕੁਲ ਦੀ, ਚੰਗੇ ਖ਼ਾਨਦਾਨ ਦੀ । ਬਾਹ ਬਹੁ ਭਾਈ– ਬਹੁਤ ਭਰਾ ਹਨ, ਬਹੁਤ ਬਾਹਾਂ ਹਨ । ਧਨਹਿ–ਧਨ ਦਾ । ਪਸਾਰਾ–ਖਿਲਾਰਾ ਆਧਾਰਾ ਆਸਰਾ । ੪ ।

ਘੂਘਰ ਨਿਰਤਿ–ਘੁੰਘਰੂ ਪਾ ਕੇ ਨਾਚ । ਗੋਪੀ ਚੰਦਨ–ਦੁਆਰਕਾ ਦੇ ਤਲਾਬ ਦੀ ਪੀਲੀ ਮਿੱਟੀ ਦਾ । ੫ ।

ਸਿਧ–ਯੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਚੇਟਕ–ਰਿੱਧੀਆਂ ਸਿਧੀਆਂ ਦੇ ਤਮਾਸ਼ੇ। ਬਾਟ–ਬਨਾਵਟ। ਖੇਵਾ–ਚਲਾਏ ਹੋਏ ਹਨ (ਜਿਵੇਂ ਮਲਾਹ ਬੇੜੀ ਚਲਾਂਦਾ ਹੈ)। ਸੇਵਾ–ਭਗਤੀ। ੬।

ਅਰਥ :–(ਹੇ ਭਾਈ!) ਕਿਸੇ ਨੇ ਆਖਿਆ ਹੈ ਕਿ ਮੈਂ ਉੱਚੇ ਖ਼ਾਨਦਾਨ ਦੀ ਇੱਜ਼ਤ ਵਾਲਾ ਹਾਂ, ਕਿਸੇ ਨੇ ਆਖਿਆ ਹੈ ਕਿ ਮੇਰੇ ਬੜੇ ਭਰਾ ਹਨ, ਮੇਰੇ ਬੜੇ ਸਾਥੀ ਹਨ। ਕੋਈ ਆਖਦਾ ਹੈ ਮੈਂ ਬਹੁਤ ਧਨ ਕਮਾਇਆ ਹੋਇਆ ਹੈ। ਪਰ ਮੈਨੂੰ ਗ਼ਰੀਬ ਨੂੰ ਸਿਰਫ਼ ਪਰਮਾਤਮਾ ਦਾ ਆਸਰਾ ਹੈ। ੪।

(ਹੇ ਭਾਈ!) ਕਿਸੇ ਨੇ ਘੁੰਘਰੂ ਬੰਨ੍ਹ ਕੇ (ਦੇਵਤਿਆਂ ਅੱਗੇ) ਨਾਚ ਸ਼ੁਰੂ ਕੀਤੇ ਹੋਏ ਹਨ, ਕਿਸੇ ਨੇ (ਗਲ ਵਿਚ) ਮਾਲਾ ਪਾਈ ਹੋਈ ਹੈ ਅਤੇ ਵਰਤ ਰੱਖਣ ਦੇ ਨੇਮ ਧਾਰੇ ਹੋਏ ਹਨ। ਕਿਸੇ ਮਨੁੱਖ ਨੇ (ਮੱਥੇ ਉਤੇ) ਗੋਪੀਚੰਦਨ ਦਾ ਟਿੱਕਾ ਲਾਇਆ ਹੋਇਆ ਹੈ। ਪਰ ਮੈਂ ਗ਼ਰੀਬ ਤਾਂ ਸਿਰਫ਼ ਪਰਮਾਤਮਾ ਦਾ ਨਾਮ ਹੀ ਸਿਮਰਦਾ ਹਾਂ। ੫।

(ਹੇ ਭਾਈ!) ਕਿਸੇ ਮਨੁੱਖ ਨੇ ਸਿੱਧਾਂ ਵਾਲੇ ਨਾਟਕ-ਚੇਟਕ ਵਿਖਾਲਣੇ ਸ਼ੁਰੂ ਕੀਤੇ ਹੋਏ ਹਨ, ਕਿਸੇ ਮਨੁੱਖ ਨੇ ਸਾਧੂਆਂ ਵਾਲੇ ਕਈ ਭੇਖ ਬਣਾਏ ਹੋਏ ਹਨ, ਕਿਸੇ ਮਨੁੱਖ ਨੇ ਅਨੇਕਾਂ ਤੰਤ੍ਰਾਂ ਮੰਤ੍ਰਾਂ ਦੀ ਦੁਕਾਨ ਚਲਾਈ ਹੋਈ ਹੈ। ਪਰ ਮੈਂ ਗ਼ਰੀਬ ਸਿਰਫ਼ ਪਰਮਾਤਮਾ ਦੀ ਭਗਤੀ ਹੀ ਕਰਦਾ ਹਾਂ। ੬।

ਕੋਈ ਚਤੁਰੁ ਕਹਾਵੈ ਪੰਡਿਤ॥ ਕੋ ਖਟੁ ਕਰਮ ਸਹਿਤ ਸਿਉ ਮੰਡਿਤ॥ ਕੋਈ ਕਰੈ ਆਚਾਰ ਸੁ ਕਰਣੀ॥ ਮੋਹਿ ਦੀਨ ਹਰਿ ਹਰਿ ਹਰਿ ਸਰਣੀ॥੭॥ ਸਗਲੇ ਕਰਮ ਧਰਮ ਜੁਗ ਸੋਧੇ॥ ਬਿਨੁ ਨਾਵੈ ਇਹੁ ਮਨੁ ਨ ਪ੍ਰਬੋਧੇ॥ ਕਹੁ ਨਾਨਕ ਜਉ ਸਾਧ ਸੰਗੁ ਪਾਇਆ॥ ਬੂਝੀ ਤ੍ਰਿਸਨਾ ਮਹਾ ਸੀਤਲਾਇਆ॥ ੮॥੧॥ [ਪੰਨਾ ੯੧੩]

ਪਦ ਅਰਥ :–ਚਤੁਰੁ–ਸਿਆਣਾ। ਖਟੁ–ਛੇ। ਖਟੁ ਕਰਮ–ਸ਼ਾਸਤ੍ਰਾਂ ਦੇ ਦੱਸੇ ਹੋਏ ਛੇ ਕਰਮ (ਦਾਨ ਦੇਣਾ ਤੇ ਲੈਣਾ, ਜੱਗ ਕਰਨੇ ਤੇ ਕਰਾਣੇ, ਵਿੱਦਿਆ ਪੜ੍ਹਨੀ ਤੇ ਪੜ੍ਹਾਣੀ)। ਸਹਿਤ–ਨਾਲ। ਸਿਉ–ਨਾਲ, ਸਮੇਤ। ਮੰਡਿਤ–ਸਜਿਆ ਹੋਇਆ। ਆਚਾਰ–ਸ਼ਾਸਤ੍ਰਾਂ ਦੇ ਦੱਸੇ ਹੋਏ ਕਰਮ ਧਰਮ। ਸੁ ਕਰਣੀ–ਸ੍ਰੇਸ਼ਟ ਕਰਣੀ। ੭।

ਸਗਲੇ–ਸਾਰੇ। ਸੋਧੇ–ਪਰਖੇ ਹਨ। ਪ੍ਰਬੋਧੇ–ਜਾਗਦਾ। ਜਉ–ਜਦੋਂ। ਸਾਧ ਸੰਗੁ –ਗੁਰਮੁਖਾਂ ਦਾ ਮੇਲ। ਬੂਝੀ–ਬੁੱਝ ਗਈ। ਸੀਤਲਾਇਆ–ਸ਼ਾਂਤ, ਠੰਢਾ। ੮।

ਅਰਥ :–(ਹੇ ਭਾਈ!) ਕੋਈ ਮਨੁੱਖ (ਆਪਣੇ ਆਪ ਨੂੰ) ਸਿਆਣਾ ਪੰਡਿਤ ਅਖਵਾਂਦਾ ਹੈ, ਕੋਈ ਮਨੁੱਖ (ਆਪਣੇ ਆਪ ਨੂੰ) ਸ਼ਾਸਤ੍ਰਾਂ ਦੇ ਦੱਸੇ ਹੋਏ ਛੇ ਕਰਮਾਂ ਨਾਲ ਸਜਾਈ ਰੱਖਦਾ ਹੈ, ਕੋਈ ਮਨੁੱਖ ਸ਼ਾਸਤ੍ਰਾਂ ਦੇ ਕਰਮ-ਕਾਂਡ ਨੂੰ ਸ੍ਰੇਸ਼ਟ ਕਰਣੀ ਸਮਝ ਕੇ

ਕਰਦਾ ਰਹਿੰਦਾ ਹੈ। ਪਰ ਮੈਂ ਗ਼ਰੀਬ ਸਿਰਫ਼ ਪਰਮਾਤਮਾ ਦੀ ਸਰਨ ਪਿਆ ਰਹਿੰਦਾ ਹਾਂ।੬।

(ਹੇ ਭਾਈ ! ਅਸਾਂ) ਸਾਰੇ ਜੁਗਾਂ ਦੇ ਸਾਰੇ ਕਰਮ ਧਰਮ ਪਰਖ ਵੇਖੇ ਹਨ, ਪਰਮਾਤਮਾ ਦੇ ਨਾਮ ਤੋਂ ਬਿਨਾ (ਮਾਇਆ ਦੇ ਮੋਹ ਦੀ ਨੀਂਦ ਵਿਚ ਸੁੱਤਾ ਹੋਇਆ) ਇਹ ਮਨ ਜਾਗਦਾ ਨਹੀਂ। ਹੇ ਨਾਨਕ ! ਆਖ–(ਹੇ ਭਾਈ !) ਜਦੋਂ (ਕਿਸੇ ਮਨੁੱਖ ਨੇ)ਸਾਧ ਸੰਗਤਿ ਪ੍ਰਾਪਤ ਕਰ ਲਈ, (ਉਸ ਦੇ ਅੰਦਰੋਂ ਮਾਇਆ ਦੀ) ਤ੍ਰਿਸ਼ਨਾ ਬੁੱਝ ਗਈ, ਉਸ ਦਾ ਮਨ ਠੰਢਾ-ਠਾਰ ਹੋ ਗਿਆ।੮।੧।

ਰਾਮਕਲੀ ਮਹਲਾ ੫ ॥ ਇਸੁ ਪਾਨੀ ਤੇ ਜਿਨਿ ਤੂ ਘਰਿਆ ॥ ਮਾਟੀ ਕਾ ਲੇ ਦੇਹੁਰਾ ਕਰਿਆ ॥ ਉਕਤਿ ਜੋਤਿ ਲੈ ਸੁਰਤਿ ਪਰੀਖਿਆ ॥ ਮਾਤ ਗਰਭ ਮਹਿ ਜਿਨਿ ਤੂ ਰਾਖਿਆ ॥ ੧ ॥ ਰਾਖਨ ਹਾਰੁ ਸਮ੍ਹਾਰਿ ਜਨਾ ॥ ਸਗਲੇ ਛੋਡਿ ਬੀਚਾਰ ਮਨਾ ॥ ੧ ॥ ਰਹਾਉ ॥ ਜਿਨਿ ਦੀਏ ਤੁਧੁ ਬਾਪ ਮਹਤਾਰੀ ॥ ਜਿਨਿ ਦੀਏ ਭ੍ਰਾਤ ਪੁਤ ਹਾਰੀ ॥ ਜਿਨਿ ਦੀਏ ਤੁਧੁ ਬਨਿਤਾ ਅਰੁ ਮੀਤਾ ॥ ਤਿਸੁ ਠਾਕੁਰ ਕਉ ਰਖਿ ਲੇਹੁ ਚੀਤਾ ॥ ੨ ॥ ਜਿਨਿ ਦੀਆ ਤੁਧੁ ਪਵਨੁ ਅਮੋਲਾ ॥ ਜਿਨਿ ਦੀਆ ਤੁਧੁ ਨੀਰੁ ਨਿਰਮੋਲਾ ॥ ਜਿਨਿ ਦੀਆ ਤੁਧੁ ਪਾਵਕੁ ਬਲਨਾ ॥ ਤਿਸੁ ਠਾਕੁਰ ਕੀ ਰਹੁ ਮਨ ਸਰਨਾ ॥ ੩ ॥ ਛਤੀਹ ਅੰਮ੍ਰਿਤ ਜਿਨਿ ਭੋਜਨ ਦੀਏ ॥ ਅੰਤਰਿ ਥਾਨ ਠਹਰਾਵਨ ਕਉ ਕੀਏ ॥ ਬਸੁਧਾ ਦੀਓ ਬਰਤਨਿ ਬਲਨਾ ॥ ਤਿਸੁ ਠਾਕੁਰ ਕੇ ਚਿਤਿ ਰਖੁ ਚਰਨਾ ॥ ੪ ॥ [ਪੰਨਾ ੯੧੩]

ਪਦ ਅਰਥ :–ਪਾਨੀ ਤੇ–ਪਿਤਾ ਦੀ ਬੂੰਦ ਤੋਂ। ਜਿਨਿ–ਜਿਸ (ਪ੍ਰਭੂ) ਨੇ। ਤੂ–ਤੈਨੂੰ। ਘਰਿਆ–ਘੜਿਆ, ਬਣਾਇਆ। ਲੇ–ਲੈ ਕੇ। ਦੇਹੁਰਾ–ਦੇਹ, ਸਰੀਰ। ਉਕਤਿ–ਯੁਕਤੀ, ਬੁੱਧੀ। ਲੈ–ਲੈ ਕੇ,। ਸੁਰਤਿ ਪਰੀਖਿਆ–ਪਛਾਨਣ ਦੀ ਤਾਕਤ। ਗਰਭ–ਪੇਟ। ਤੂ–ਤੈਨੂੰ।੧।

ਸਮ੍ਹਾਰਿ–ਸੰਭਾਲ, ਯਾਦ ਰੱਖ। ਜਨਾ–ਹੇ ਜਨ ! ਸਗਲੇ–ਸਾਰੇ। ਮਨਾ–ਹੇ ਮਨ !੧। ਰਹਾਉ।

ਜਿਨਿ–ਜਿਸ (ਪ੍ਰਭੂ) ਨੇ। ਮਹਤਾਰੀ–ਮਾਂ। ਭ੍ਰਾਤ–ਭਰਾ। ਹਾਰੀ–ਹਾਲੀ, ਕਾਮੇ, ਨੌਕਰ। ਤੁਧੁ–ਤੈਨੂੰ। ਬਨਿਤਾ–ਇਸਤ੍ਰੀ। ਅਰੁ–ਅਤੇ। ਚੀਤਾ–ਚਿੱਤ ਵਿਚ।੨।

ਪਵਨੁ–ਹਵਾ। ਅਮੋਲਾ–ਨਿਰਮੋਲਕ, ਕੀਮਤੀ। ਨੀਰੁ–ਪਾਣੀ। ਪਾਵਕੁ–ਅੱਗ। ਬਲਨਾ–ਬਾਲਣ। ਮਨ–ਹੇ ਮਨ !੩।

ਛਤੀਹ ਅੰਮ੍ਰਿਤ–ਛੱਤੀ ਕਿਸਮਾਂ ਦੇ ਸੋਹਣੇ ਖਾਣੇ [ਖਟ ਰਸ,ਮਿਠ ਰਸ, ਮੇਲਿ ਕੈ, ਛਤੀਹ ਭੋਜਨ ਹੋਨਿ ਰਸੋਈ–ਭਾ: ਗੁਰਦਾਸ] । ਅੰਤਰਿ–ਪੇਟ ਦੇ ਅੰਦਰ । ਕਉ–ਵਾਸਤੇ। ਬਸੁਧਾ–ਧਰਤੀ । ਬਲਨਾ–ਸਾਮਾਨ, ਵਲੇਵਾ, ਵਰਤਣ-ਵਲੇਵਾ । ਚਿਤਿ–ਚਿੱਤ ਵਿਚ । ੪ ।

ਅਰਥ :–ਹੇ ਭਾਈ ! ਸਦਾ ਰੱਖਿਆ ਕਰ ਸਕਣ ਵਾਲੇ ਪਰਮਾਤਮਾ ਨੂੰ ਯਾਦ ਕਰਿਆ ਕਰ। ਹੇ ਮੇਰੇ ਮਨ ! (ਪ੍ਰਭੂ ਦੀ ਯਾਦ ਤੋਂ ਬਿਨਾ) ਹੋਰ ਸਾਰੇ ਵਿਚਾਰ (ਜਿਹੜੇ ਵਿਚਾਰ ਪ੍ਰਭੂ ਦੀ ਯਾਦ ਭੁਲਾਂਦੇ ਹਨ, ਉਹ) ਛੱਡ ਦੇਹ । ੧ । ਰਹਾਉ ।

ਹੇ ਭਾਈ ! ਜਿਸ ਪ੍ਰਭੂ ਨੇ ਪਿਤਾ ਦੀ ਬੂੰਦ ਤੋਂ ਤੈਨੂੰ ਬਣਾਇਆ, ਤੇਰਾ ਇਹ ਮਿੱਟੀ ਦਾ ਪੁਤਲਾ ਘੜ ਦਿੱਤਾ; ਜਿਸ ਪ੍ਰਭੂ ਨੇ ਬੁੱਧੀ, ਜਿੰਦ ਅਤੇ ਪਰਖਣ ਦੀ ਤਾਕਤ ਤੇਰੇ ਅੰਦਰ ਪਾ ਕੇ ਤੈਨੂੰ ਮਾਂ ਦੇ ਪੇਟ ਵਿਚ (ਸਹੀ ਸਲਾਮਤ) ਰੱਖਿਆ (ਉਸ ਨੂੰ ਸਦਾ ਯਾਦ ਰੱਖ)। ੧ ।

ਹੇ ਭਾਈ ! ਜਿਸ ਪ੍ਰਭੂ ਨੇ ਤੈਨੂੰ ਮਾਪੇ ਦਿੱਤੇ, ਜਿਸ ਪ੍ਰਭੂ ਨੇ ਤੈਨੂੰ ਭਰਾ ਪੁੱਤਰ ਤੇ ਨੌਕਰ ਦਿੱਤੇ, ਜਿਸ ਪ੍ਰਭੂ ਨੇ ਤੈਨੂੰ ਇਸਤ੍ਰੀ ਅਤੇ ਸੱਜਣ-ਮਿੱਤਰ ਦਿੱਤੇ, ਉਸ ਮਾਲਕ-ਪ੍ਰਭੂ ਨੂੰ ਸਦਾ ਆਪਣੇ ਚਿੱਤ ਵਿਚ ਟਿਕਾਈ ਰੱਖ । ੨ ।

ਹੇ ਭਾਈ ! ਜਿਸ ਪ੍ਰਭੂ ਨੇ ਤੈਨੂੰ ਕਿਸੇ ਭੀ ਮੁੱਲ ਤੋਂ ਨਾਹ ਮਿਲ ਸਕਣ ਵਾਲੀ ਹਵਾ ਦਿੱਤੀ, ਜਿਸ ਪ੍ਰਭੂ ਨੇ ਤੈਨੂੰ ਨਿਰਮੋਲਕ ਪਾਣੀ ਦਿੱਤਾ, ਜਿਸ ਪ੍ਰਭੂ ਨੇ ਤੈਨੂੰ ਅੱਗ ਦਿੱਤੀ, ਬਾਲਣ ਦਿੱਤਾ, ਹੇ ਮਨ ! ਤੂੰ ਉਸ ਮਾਲਕ-ਪ੍ਰਭੂ ਦੀ ਸਰਨ ਪਿਆ ਰਹੁ । ੩ ।

ਹੇ ਭਾਈ ! ਜਿਸ ਪਰਮਾਤਮਾ ਨੇ ਤੈਨੂੰ ਅਨੇਕਾਂ ਕਿਸਮਾਂ ਦੇ ਸੁਆਦਲੇ ਖਾਣੇ ਦਿੱਤੇ, ਇਹਨਾਂ ਖਾਣਿਆਂ ਨੂੰ ਹਜ਼ਮ ਕਰਨ ਲਈ ਤੇਰੇ ਅੰਦਰ ਮਿਹਦਾ ਆਦਿਕ ਅੰਗ ਬਣਾਏ, ਤੈਨੂੰ ਧਰਤੀ ਦਿੱਤੀ, ਤੈਨੂੰ ਹੋਰ ਵਰਤਣ-ਵਲੇਵਾ ਦਿੱਤਾ, ਉਸ ਮਾਲਕ-ਪ੍ਰਭੂ ਦੇ ਚਰਨ ਆਪਣੇ ਚਿੱਤ ਵਿਚ ਪ੍ਰੋ ਰੱਖ । ੪ ।

ਪੇਖਨ ਕਉ ਨੇਤ੍ਰ ਸੁਨਨ ਕਉ ਕਰਨਾ ॥ ਹਸਤ ਕਮਾਵਨ ਬਾਸਨ ਰਸਨਾ ॥ ਚਰਨ ਚਲਨ ਕਉ ਸਿਰੁ ਕੀਨੋ ਮੇਰਾ ॥ ਮਨ ਤਿਸੁ ਠਾਕੁਰ ਕੇ ਪੂਜਹੁ ਪੈਰਾ ॥੫॥ ਅਪਵਿੱਤ੍ਰ ਪਵਿਤ੍ਰ ਜਿਨਿ ਤੂ ਕਰਿਆ ॥ ਸਗਲ ਜੋਨਿ ਮਹਿ ਤੂ ਸਿਰਿ ਧਰਿਆ ॥ ਅਬ ਤੂੰ ਸੀਝੁ ਭਾਵੈ ਨਹੀ ਸੀਝੈ ॥ ਕਾਰਜੁ ਸਵਰੈ ਮਨ ਪ੍ਰਭੁ ਧਿਆਈਜੈ ॥ ੬ ॥ ਈਹਾ ਊਹਾ ਏਕੈ ਓਹੀ ॥ ਜਤ ਕਤ ਦੇਖੀਐ ਤਤ ਤਤ ਤੋਹੀ ॥ ਤਿਸੁ ਸੇਵਤ ਮਨਿ ਆਲਸੁ ਕਰੈ ॥ ਜਿਸੁ ਵਿਸਰਿਐ ਇਕ ਨਿਮਖ ਨ ਸਰੈ ॥੭॥ ਹਮ ਅਪਰਾਧੀ ਨਿਰਗੁਨੀਆਰੇ ॥

ਨਾ ਕਿਛੁ ਸੇਵਾ ਨ ਕਰਮਾਰੇ ॥ ਗੁਰੁ ਬੋਹਿਥੁ ਵਡਭਾਗੀ ਮਿਲਿਆ ॥ ਨਾਨਕ ਦਾਸ ਸੰਗਿ ਪਾਥਰ ਤਰਿਆ ॥ ੮ ॥ ੨ ॥ [ਪੰਨਾ ੯੧੩]

ਪਦ ਅਰਥ:–ਪੇਖਨ ਕਉ–ਵੇਖਣ ਵਾਸਤੇ। ਨੇਤ੍ਰ–ਅੱਖਾਂ। ਕਰਨਾ–ਕੰਨ।ਹਸਤ–ਹੱਥ। ਰਸਨਾ–ਜੀਭ। ਬਾਸਨ–ਨੱਕ। ਮੇਰਾ–ਮੇਰੂ, ਸ਼ਿਰੋਮਣੀ। ਮਨ–ਹੇ ਮਨ !੫।

ਅਪਵਿਤ੍ਰ–ਗੰਦੇ ਥਾਂ ਤੋਂ। ਤੂ–ਤੈਨੂੰ। ਸਗਲ–ਸਾਰੀਆਂ। ਸਿਰਿ–ਸਿਰ ਉਤੇ। ਸਿਰਿ ਧਰਿਆ–ਸ਼ਿਰੋਮਣੀ ਬਣਾਇਆ। ਸੀਝੁ–ਕਾਮਯਾਬ ਹੋ। ਭਾਵੈ–ਚਾਹੇ। ਕਾਰਜੁ–ਮਨੁੱਖਾ ਜਨਮ ਦਾ ਮਨੋਰਥ। ਸਵਰੈ–ਸੰਵਰਦਾ ਹੈ। ਮਨ–ਹੇ ਮਨ ! ਧਿਆਈਜੈ-ਧਿਆਉਣਾ ਚਾਹੀਦਾ ਹੈ। ੬।

ਈਹਾ–ਇਸ ਲੋਕ ਵਿਚ। ਊਹਾ–ਪਰਲੋਕ ਵਿਚ। ਓਹੀ–ਉਹ ਪਰਮਾਤਮਾ ਹੀ। ਜਤ ਕਤ–ਜਿੱਥੇ ਕਿੱਥੇ। ਤੋਹੀ–ਤੇਰੇ ਨਾਲ। ਮਨਿ–ਮਨ ਵਿਚ। ਕਰੈ–(ਜੀਵ) ਕਰਦਾ ਹੈ। ਜਿਸੁ ਵਿਸਰਿਐ–ਜਿਸ ਨੂੰ (ਵਿਸਾਰਿਆਂ)। ਨਿਮਖ–ਅੱਖ ਝਮਕਣ ਜਿਤਨਾ ਸਮਾ। ਨ ਸਰੈ–ਨਹੀਂ ਨਿਭ ਆਉਂਦੀ। ੭।

ਹਮ–ਅਸੀ (ਸੰਸਾਰੀ ਜੀਵ)। ਕਰਮਾਰੇ– ਚੰਗੇ ਕਰਮ। ਬੋਹਿਥੁ–ਜਹਾਜ਼। ਵਡ ਭਾਗੀ–ਵੱਡੇ ਭਾਗਾਂ ਨਾਲ। ਸੰਗਿ–ਨਾਲ, ਉਸ ਬੋਹਿਥ ਦੇ ਨਾਲ। ਪਥਰ–ਪੱਥਰ-ਦਿਲ ਬੰਦੇ। ੮।

ਅਰਥ :–ਹੇ ਮੇਰੇ ਮਨ ! ਉਸ ਮਾਲਕ-ਪ੍ਰਭੂ ਦੇ ਪੈਰ ਸਦਾ ਪੂਜਦਾ ਰਹੁ (ਨਿਮ੍ਰਤਾ ਧਾਰਨ ਕਰ ਕੇ ਉਸ ਪ੍ਰਭੂ ਦਾ ਸਿਮਰਨ ਕਰਦਾ ਰਹੁ, ਜਿਸ ਨੇ) ਤੈਨੂੰ (ਦੁਨੀਆ ਦੇ ਰੰਗ-ਤਮਾਸ਼ੇ) ਵੇਖਣ ਵਾਸਤੇ ਅੱਖਾਂ ਦਿੱਤੀਆਂ ਹਨ ਅਤੇ ਸੁਣਨ ਵਾਸਤੇ ਕੰਨ ਦਿੱਤੇ ਹਨ, ਜਿਸ ਨੇ ਕਾਰ ਕਰਨ ਲਈ ਤੈਨੂੰ ਹੱਥ ਦਿੱਤੇ ਹਨ,ਅਤੇ ਨੱਕ ਤੇ ਜੀਭ ਦਿੱਤੀ ਹੈ, ਜਿਸ ਨੇ ਤੁਰਨ ਲਈ ਤੈਨੂੰ ਪੈਰ ਦਿੱਤੇ ਹਨ ਅਤੇ ਸਿਰ (ਸਾਰੇ ਅੰਗਾਂ ਵਿਚੋਂ) ਸ਼ਿਰੋਮਣੀ ਬਣਾਇਆ ਹੈ। ੫।

(ਹੇ ਭਾਈ ! ਉਸ ਪਰਮਾਤਮਾ ਨੂੰ ਸਿਮਰਿਆ ਕਰ) ਜਿਸ ਨੇ ਗੰਦ ਤੋਂ ਤੈਨੂੰ ਪਵਿੱਤਰ ਬਣਾ ਦਿੱਤਾ, ਜਿਸ ਨੇ ਤੈਨੂੰ ਸਾਰੀਆਂ ਜੂਨੀਆਂ ਉਤੇ ਸਰਦਾਰ ਬਣਾ ਦਿੱਤਾ। ਤੇਰੀ ਮਰਜ਼ੀ ਹੈ ਹੁਣ ਤੂੰ (ਉਸ ਦਾ ਸਿਮਰਨ ਕਰ ਕੇ ਜ਼ਿੰਦਗੀ ਵਿਚ) ਕਾਮਯਾਬ ਹੋ ਚਾਹੇ ਨਾਹ ਹੋ। ਪਰ ਹੇ ਮਨ ! ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ, (ਸਿਮਰਨ ਕੀਤਿਆਂ ਹੀ ਮਨੁੱਖਾ ਜੀਵਨ ਦਾ) ਮਨੋਰਥ ਸਫਲ ਹੁੰਦਾ ਹੈ।। ੬।

ਹੇ ਭਾਈ ! ਇਸ ਲੋਕ ਵਿਚ ਤੇ ਪਰਲੋਕ ਵਿਚ ਇਕ ਉਹ ਪਰਮਾਤਮਾ ਹੀ (ਸਹਾਈ) ਹੈ, ਜਿੱਥੇ ਕਿੱਥੇ ਝਾਤੀ ਮਾਰੀ ਜਾਏ ਉਥੇ ਉਥੇ (ਪਰਮਾਤਮਾ ਹੀ) ਤੇਰੇ ਨਾਲ ਹੈ। (ਪਰ ਵੇਖੋ ਮਨੁੱਖ ਦੀ ਮੰਦ-ਭਾਗਤਾ !)ਉਸ ਪਰਮਾਤਮਾ ਨੂੰ ਸਿਮਰਦਿਆਂ (ਮਨੁੱਖ)

ਮਨ ਵਿਚ ਆਲਸ ਕਰਦਾ ਹੈ, ਜਿਸ ਨੂੰ ਵਿਸਾਰਿਆਂ ਇਕ ਪਲ-ਭਰ ਸਮਾ ਭੀ ਸੌਖਾ ਨਹੀਂ ਲੰਘ ਸਕਦਾ । ੭ ।

(ਹੇ ਭਾਈ ! ਮਾਇਆ ਦੇ ਮੋਹ ਵਿਚ ਫਸ ਕੇ) ਅਸੀ ਸੰਸਾਰੀ ਜੀਵ ਪਾਪੀ ਬਣ ਜਾਂਦੇ ਹਾਂ, ਗੁਣ-ਹੀਨ ਹੋ ਜਾਂਦੇ ਹਾਂ, ਅਸੀ ਨਾਹ ਕੋਈ ਸੇਵਾ-ਭਗਤੀ ਕਰਦੇ ਹਾਂ, ਨਾਹ ਹੀ ਸਾਡੇ ਕੰਮ ਚੰਗੇ ਹੁੰਦੇ ਹਨ । ਹੇ ਦਾਸ ਨਾਨਕ ! (ਆਖ—ਜਿੰਨ੍ਹਾਂ ਮਨੁੱਖਾਂ ਨੂੰ) ਵੱਡੇ ਭਾਗਾਂ ਨਾਲ ਗੁਰੂ-ਜਹਾਜ਼ ਮਿਲ ਪਿਆ, ਉਸ ਜਹਾਜ਼ ਦੀ ਸੰਗਤਿ ਵਿਚ ਉਹ ਪੱਥਰ-ਦਿਲ ਮਨੁੱਖ ਭੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ । ੮ । ੨ ।

ਰਾਮਕਲੀ ਮਹਲਾ ੫ ॥ ਕਾਹੂ ਬਿਹਾਵੈ ਰੰਗ ਰਸ ਰੂਪ ॥ ਕਾਹੂ ਬਿਹਾਵੈ ਮਾਇ ਬਾਪ ਪੂਤ ॥ ਕਾਹੂ ਬਿਹਾਵੈ ਰਾਜ ਮਿਲਖ ਵਾਪਾਰਾ ॥ ਸੰਤ ਬਿਹਾਵੈ ਹਰਿਨਾਮ ਅਧਾਰਾ ॥ ੧ ॥ ਰਚਨਾ ਸਾਚੁ ਬਨੀ ॥ ਸਭ ਕਾ ਏਕੁ ਧਨੀ ॥੧॥ ਰਹਾਉ ॥ ਕਾਹੂ ਬਿਹਾਵੈ ਬੇਦ ਅਰੁ ਬਾਦਿ ॥ ਕਾਹੂ ਬਿਹਾਵੈ ਰਸਨਾ ਸਾਦਿ ॥ ਕਾਹੂ ਬਿਹਾਵੈ ਲਪਟਿ ਸੰਗਿ ਨਾਰੀ ॥ ਸੰਤ ਰਚੇ ਕੇਵਲ ਨਾਮ ਮੁਰਾਰੀ ॥੨॥ ਕਾਹੂ ਬਿਹਾਵੈ ਖੇਲਤ ਜੂਆ ॥ ਕਾਹੂ ਬਿਹਾਵੈ ਅਮਲੀ ਹੂਆ ॥ ਕਾਹੂ ਬਿਹਾਵੈ ਪਰ ਦਰਬ ਚੋੁਰਾਏ ॥ ਹਰਿ ਜਨ ਬਿਹਾਵੈ ਨਾਮ ਧਿਆਏ ॥੩॥ ਕਾਹੂ ਬਿਹਾਵੈ ਜੋਗ ਤਪ ਪੂਜਾ ॥ ਕਾਹੂ ਰੋਗ ਸੋਗ ਭਰਮੀਜਾ॥ ਕਾਹੂ ਪਵਨ ਧਾਰ ਜਾਤ ਬਿਹਾਏ ॥ ਸੰਤ ਬਿਹਾਵੈ ਕੀਰਤਨੁ ਗਾਏ ॥੪॥

[ਪੰਨਾ ੯੧੩]

ਪਦ ਅਰਥ :—ਕਾਹੂ—ਕਿਸੇ (ਮਨੁੱਖ) ਦੀ । ਬਿਹਾਵੈ—(ਉਮਰ) ਬੀਤਦੀ ਹੈ । ਮਾਈ—ਮਾਂ । ਮਿਲਖ—ਭੁਇ ਦੀ ਮਾਲਕੀ । ਸੰਤ ਬਿਹਾਵੈ—ਸੰਤ ਦੀ (ਉਮਰ) ਲੰਘਦੀ ਹੈ । ਅਧਾਰਾ—ਆਸਰਾ । ੧ ।

ਸਾਚੁ—ਸਦਾ ਕਾਇਮ ਰਹਿਣ ਵਾਲਾ ਪ੍ਰਭੂ । ਰਚਨਾ—ਸ੍ਰਿਸ਼ਟੀ । ਬਨੀ—ਪੈਦਾ ਕੀਤੀ ਹੋਈ । ਧਨੀ—ਮਾਲਕ । ਸਭ ਕਾ—ਹਰੇਕ ਜੀਵ ਦਾ । ੧ । ਰਹਾਉ ।

ਅਰੁ—ਅਤੇ । ਬਾਦਿ—ਚਰਚਾ ਵਿਚ, ਬਹਿਸ ਵਿਚ [ਇਕ ਵਚਨ] ।ਰਸਨਾ ਸਾਦਿ—ਜੀਭ ਦੇ ਸੁਆਦ ਵਿਚ । ਲਪਟਿ—ਲਪਟ ਕੇ, ਚੰਬੜ ਕੇ । ਸੰਗਿ—ਨਾਲ । ਨਾਰੀ ਇਸਤ੍ਰੀ । ਰਚੇ—ਮਸਤ ਰਹਿੰਦੇ ਹਨ । ਕੇਵਲ—ਸਿਰਫ਼ । ਮੁਰਾਰੀ—[ਮੁਰ-ਅਰਿ] ਪਰ-ਮਾਤਮਾ । ੨ ।

ਖੇਲਤ—ਖੇਡਦਿਆਂ । ਅਮਲੀ—ਅਫੀਮ ਆਦਿਕ ਨਸ਼ੇ ਦਾ ਆਦੀ । ਪਰ ਦਰਬ—ਪਰਾਇਆ ਧਨ । ਚੋੁਰਾਏ—[ਅੱਖਰ 'ਚ' ਦੇ ਨਾਲ ਦੋ ਲਗਾਂ ਹਨ—ੋ ਅਤੇ ੁ । ਲਫ਼ਜ਼ 'ਚੋਰ' ਤੋਂ ਚੋਰਾਏ', ਪਰ ਪੜ੍ਹਨਾ ਹੈ 'ਚੁਰਾਏ'] । ੩ ।

ਜੋਗ–ਜੋਗ ਦੇ ਸਾਧਨ। ਭਰਮੀਜਾ–ਭਟਕਣਾ ਵਿਚ। ਸੋਗ–ਗ਼ਮ, ਫ਼ਿਕਰ। ਪਵਨ ਧਾਰ–ਪ੍ਰਾਣਾਂ ਨੂੰ ਧਾਰਨ ਵਿਚ, ਸੁਆਸਾਂ ਦੇ ਅਭਿਆਸ ਵਿਚ, ਪ੍ਰਾਣਾਯਾਮ ਕਰ-ਦਿਆਂ। ਜਾਤ ਬਿਹਾਏ–ਬਿਹਾਇ ਜਾਤ, ਬੀਤ ਜਾਂਦੀ ਹੈ।੪।

ਅਰਥ :–ਹੇ ਭਾਈ ! ਪਰਮਾਤਮਾ ਸਦਾ ਕਾਇਮ ਰਹਿਣ ਵਾਲਾ ਹੈ। ਇਹ ਸਾਰੀ ਸ੍ਰਿਸ਼ਟੀ ਉਸੇ ਦੀ ਪੈਦਾ ਕੀਤੀ ਹੋਈ ਹੈ। ਇਕ ਉਹੀ ਹਰੇਕ ਜੀਵ ਦਾ ਮਾਲਕ ਹੈ।੧। ਰਹਾਉ।

(ਭਾਵੇਂ ਪਰਮਾਤਮਾ ਹੀ ਹਰੇਕ ਜੀਵ ਦਾ ਮਾਲਕ ਹੈ ਫਿਰ ਭੀ) ਕਿਸੇ ਮਨੁੱਖ ਦੀ ਉਮਰ ਦੁਨੀਆ ਦੇ ਰੰਗ-ਤਮਾਸ਼ਿਆਂ, ਦੁਨੀਆ ਦੇ ਸੋਹਣੇ ਰੂਪਾਂ ਅਤੇ ਪਦਾਰਥਾਂ ਦੇ ਰਸਾਂ-ਸੁਆਦਾਂ ਵਿਚ ਬੀਤ ਰਹੀ ਹੈ; ਕਿਸੇ ਦੀ ਉਮਰ ਮਾਂ ਪਿਉ ਪੁੱਤਰ ਆਦਿਕ ਪਰਵਾਰ ਦੇ ਮੋਹ ਵਿਚ ਗੁਜ਼ਰ ਰਹੀ ਹੈ; ਕਿਸੇ ਮਨੁੱਖ ਦੀ ਉਮਰ ਰਾਜ ਮਾਣਨ, ਭੁਇੰ ਦੀ ਮਾਲਕੀ, ਵਪਾਰ ਆਦਿਕ ਕਰਨ ਵਿਚ ਲੰਘ ਰਹੀ ਹੈ। (ਹੇ ਭਾਈ ! ਸਿਰਫ਼) ਸੰਤ ਦੀ ਉਮਰ ਪਰਮਾਤਮਾ ਦੇ ਨਾਮ ਦੇ ਆਸਰੇ ਬੀਤਦੀ ਗੁਜ਼ਰਦੀ ਹੈ।੧।

ਹੇ ਭਾਈ ! ਕਿਸੇ ਮਨੁੱਖ ਦੀ ਉਮਰ ਵੇਦ ਆਦਿਕ ਧਰਮ-ਪੁਸਤਕ ਪੜ੍ਹਨ ਅਤੇ (ਧਾਰਮਿਕ) ਚਰਚਾ ਵਿਚ ਗੁਜ਼ਰ ਰਹੀ ਹੈ; ਕਿਸੇ ਮਨੁੱਖ ਦੀ ਜ਼ਿੰਦਗੀ ਜੀਭ ਦੇ ਸੁਆਦ ਵਿਚ ਬੀਤ ਰਹੀ ਹੈ; ਕਿਸੇ ਦੀ ਉਮਰ ਇਸਤ੍ਰੀ ਨਾਲ ਕਾਮ-ਪੂਰਤੀ ਵਿਚ ਲੰਘਦੀ ਜਾਂਦੀ ਹੈ। ਹੇ ਭਾਈ ! ਸੰਤ ਹੀ ਸਿਰਫ਼ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰਦੇ ਹਨ।੨।

ਹੇ ਭਾਈ ! ਕਿਸੇ ਮਨੁੱਖ ਦੀ ਉਮਰ ਜੂਆ ਖੇਡਦਿਆਂ ਲੰਘ ਜਾਂਦੀ ਹੈ; ਕੋਈ ਮਨੁੱਖ ਅਫ਼ੀਮ ਆਦਿਕ ਨਸ਼ੇ ਦਾ ਆਦੀ ਹੋ ਜਾਂਦਾ ਹੈ ਉਸ ਦੀ ਉਮਰ ਨਸ਼ਿਆਂ ਵਿਚ ਹੀ ਗੁਜ਼ਰਦੀ ਹੈ; ਕਿਸੇ ਦੀ ਉਮਰ ਪਰਾਇਆ ਧਨ ਚੁਰਾਂਦਿਆਂ ਬੀਤਦੀ ਹੈ; ਪਰ ਪ੍ਰਭੂ ਦੇ ਭਗਤਾਂ ਦੀ ਉਮਰ ਪ੍ਰਭੂ ਦਾ ਨਾਮ ਸਿਮਰਦਿਆਂ ਗੁਜ਼ਰਦੀ ਹੈ।੩।

ਹੇ ਭਾਈ ! ਕਿਸੇ ਮਨੁੱਖ ਦੀ ਉਮਰ ਜੋਗ-ਸਾਧਨ ਕਰਦਿਆਂ, ਕਿਸੇ ਦੀ ਧੂਣੀਆਂ ਤਪਾਂਦਿਆਂ, ਕਿਸੇ ਦੀ ਦੇਵ-ਪੂਜਾ ਕਰਦਿਆਂ ਗੁਜ਼ਰਦੀ ਹੈ;ਕਿਸੇ ਬੰਦੇ ਦੀ ਉਮਰ ਰੋਗਾਂ ਵਿਚ, ਗ਼ਮਾਂ ਵਿਚ, ਅਨੇਕਾਂ ਭਟਕਣਾਂ ਵਿਚ ਬੀਤਦੀ ਹੈ; ਕਿਸੇ ਮਨੁੱਖ ਦੀ ਸਾਰੀ ਉਮਰ ਪ੍ਰਾਣਾਯਾਮ ਕਰਦਿਆਂ ਲੰਘ ਜਾਂਦੀ ਹੈ; ਪਰ ਸੰਤ ਦੀ ਉਮਰ ਗੁਜ਼ਰਦੀ ਹੈ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਿਆਂ।੪।

ਕਾਹੂ ਬਿਹਾਵੈ ਦਿਨੁ ਰੈਨਿ ਚਾਲਤ ॥ ਕਾਹੂ ਬਿਹਾਵੈ ਸੋ ਪਿੜੁ ਮਾਲਤ ॥ ਕਾਹੂ ਬਿਹਾਵੈ ਬਾਲ ਪੜਾਵਤ ॥ ਸੰਤ ਬਿਹਾਵੈ ਹਰਿ ਜਸੁ ਗਾਵਤ ॥ ੫ ॥ ਕਾਹੂ ਬਿਹਾਵੈ ਨਟ ਨਾਟਿਕ ਨਿਰਤੇ ॥ ਕਾਹੂ ਬਿਹਾਵੈ ਜੀਆ ਇਹ ਹਿਰਤੇ ॥ ਕਾਹੂ ਬਿਹਾਵੈ ਰਾਜ ਮਹਿ ਡਰਤੇ॥ਸੰਤ ਬਿਹਾਵੈ ਹਰਿ

ਜਸੁ ਕਰਤੇ ॥ ੬ ॥ ਕਾਹੂ ਬਿਹਾਵੈ ਮਤਾ ਮਸੂਰਤਿ ॥ ਕਾਹੂ ਬਿਹਾਵੈ ਸੇਵਾ ਜਰੂਰਤਿ ॥ ਕਾਹੂ ਬਿਹਾਵੈ ਸੋਧਤ ਜੀਵਤ ॥ ਸੰਤ ਬਿਹਾਵੈ ਹਰਿ ਰਸੁ ਪੀਵਤ॥ ੭ ॥ ਜਿਤੁ ਕੋ ਲਾਇਆ ਤਿਤ ਹੀ ਲਗਾਨਾ ॥ ਨਾ ਕੋ ਮੂੜੁ ਨਹੀ ਕੋ ਸਿਆਨਾ ॥ ਕਰਿ ਕਿਰਪਾ ਜਿਸ ਦੇਵੈ ਨਾਉ ॥ ਨਾਨਕ ਤਾ ਕੈ ਬਲਿ ਬਲਿ ਜਾਉ ॥ ੮ ॥ ੩ ॥ [ਪੰਨਾ ੯੧੪]

ਪਦ ਅਰਥ :—ਰੈਨਿ—ਰਾਤ। ਚਲਤ—ਤੁਰਦਿਆਂ। ਸ਼ੋ ਪਿੜੁ—ਉਹ ਇਕੋ ਟਿਕਾਣਾ। ਮਾਲਤ—ਮੱਲੀ ਰੱਖਿਆ। ਸੋ ਪਿੜੁ ਮਾਲਤ—ਇੱਕੋ ਟਿਕਾਣੇ ਤੇ ਬੈਠਿਆਂ। ਬਾਲ ਪੜਾਵਤ—ਮੁੰਡੇ ਪੜ੍ਹਾਂਦਿਆਂ। ਜਸੁ—ਸਿਫ਼ਤਿ ਸਾਲਾਹ। ੫।

ਨਿਰਤੇ—ਨਾਚ। ਜੀਅ ਹਿਰਤੇ—ਜੀਵਾਂ ਨੂੰ ਚੁਰਾਂਦਿਆਂ, ਲੋਕਾਂ ਦਾ ਮਾਲ ਖੋਂਹਦਿਆਂ ਡਾਕੇ ਮਾਰਦਿਆਂ। ਰਾਜ ਮਹਿ—ਰਾਜ ਆਦਿਕ ਦੇ ਕੰਮਾਂ ਵਿਚ। ਡਰਤੇ—ਡਰਦਿਆਂ, ਥਰ-ਥਰ ਕੰਬਦਿਆਂ। ੬।

ਮਤਾ—ਸਲਾਹ। ਮਸੂਰਤਿ—ਮਸ਼ਵਰਾ। ਜ਼ਰੂਰਤਿ—ਲੋੜ। ਸੇਵਾ—ਨੌਕਰੀ। ਸੋਧਤ—ਸੋਧਦਿਆਂ, ਖੋਜ-ਭਾਲ ਕਰਦਿਆਂ। ਜੀਵਤ—ਜਿਤਨਾ ਚਿਰ ਜੀਊਂਦੇ ਹਨ, ਸਾਰੀ ਉਮਰ। ਪੀਵਤ—ਪੀਂਦਿਆਂ। ੭।

ਜਿਤੁ—ਜਿਸ (ਕੰਮ) ਵਿਚ। ਕੋ—ਕੋਈ ਜੀਵ। ਤਿਤ ਹੀ [ਲਫ਼ਜ਼ 'ਤਿਤੁ' ਦਾ ੁ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਿਆ ਹੈ] ਉਸ (ਕੰਮ) ਵਿਚ ਹੀ। ਕੋ—ਕੋਈ ਮਨੁੱਖ। ਮੂੜੁ—ਮੂਰਖ। ਕਰਿ—ਕਰ ਕੇ। ਜਿਸੁ—ਜਿਸ (ਜੀਵ) ਨੂੰ। ਤਾ ਕੈ—ਉਸ ਉੱਤੋਂ। ਬਲਿ ਜਾਉ—ਬਲਿ ਜਾਉਂ, ਮੈਂ ਸਦਕੇ ਜਾਂਦਾ ਹਾਂ। ੮।

ਅਰਥ :—ਹੇ ਭਾਈ! ਕਿਸੇ ਦੀ ਉਮਰ ਬੀਤਦੀ ਹੈ ਦਿਨੇ ਰਾਤ ਤੁਰਦਿਆਂ; ਪਰ ਕਿਸੇ ਦੀ ਲੰਘਦੀ ਹੈ ਇਕੋ ਥਾਂ ਮੱਲ ਕੇ ਬੈਠੇ ਰਿਹਾਂ; ਕਿਸੇ ਮਨੁੱਖ ਦੀ ਉਮਰ ਮੁੰਡੇ ਪੜ੍ਹਾਂ-ਦਿਆਂ ਲੰਘ ਜਾਂਦੀ ਹੈ; ਸੰਤ ਦੀ ਉਮਰ ਬੀਤਦੀ ਹੈ ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਂਦਿਆਂ। ੫।

ਕਿਸੇ ਮਨੁੱਖ ਦੀ ਜ਼ਿੰਦਗੀ ਨਟਾਂ ਵਾਲੇ ਨਾਟਕ ਅਤੇ ਨਾਚ ਕਰਦਿਆਂ ਗੁਜ਼ਰਦੀ ਹੈ; ਕਿਸੇ ਮਨੁੱਖ ਦੀ ਇਹ ਉਮਰ ਡਾਕੇ ਮਾਰਦਿਆਂ ਲੰਘ ਜਾਂਦੀ ਹੈ; ਕਿਸੇ ਮਨੁੱਖ ਦੀ ਜ਼ਿੰਦਗੀ ਰਾਜ-ਦਰਬਾਰ ਵਿਚ (ਰਹਿ ਕੇ) ਥਰ-ਥਰ ਕੰਬਦਿਆਂ ਹੀ ਗੁਜ਼ਰਦੀ ਹੈ; ਸੰਤ ਦੀ ਉਮਰ ਪ੍ਰਭੂ ਦੀ ਸਿਫ਼ਤਿ ਸਾਲਾਹ ਕਰਦਿਆਂ ਲੰਘਦੀ ਹੈ। ੬।

(ਦੁਨੀਆਂ ਦੀਆਂ ਔਖਿਆਈਆਂ ਦੇ ਕਾਰਨ) ਕਿਸੇ ਦੀ ਉਮਰ ਗਿਣਤੀਆਂ ਗਿਣ-ਦਿਆਂ ਲੰਘ ਜਾਂਦੀ ਹੈ; (ਜ਼ਿੰਦਗੀ ਦੀਆਂ) ਲੋੜਾਂ ਪੂਰੀਆਂ ਕਰਨ ਲਈ ਕਿਸੇ ਦੀ

ਜ਼ਿੰਦਗੀ ਨੌਕਰੀ ਕਰਦਿਆਂ ਗੁਜ਼ਰ ਜਾਂਦੀ ਹੈ; ਕਿਸੇ ਮਨੁੱਖ ਦੀ ਸਾਰੀ ਉਮਰ ਖੋਜ-ਭਾਲ ਕਰਦਿਆਂ ਬੀਤਦੀ ਹੈ; ਸੰਤ ਦੀ ਉਮਰ ਬੀਤਦੀ ਹੈ ਪਰਮਾਤਮਾ ਦਾ ਨਾਮ-ਅੰਮ੍ਰਿਤ ਪੀਂਦਿਆਂ । ੭ ।

ਪਰ, ਹੇ ਭਾਈ! ਨਾਂਹ ਕੋਈ ਜੀਵ ਮੂਰਖ ਹੈ ਨਾਂਹ ਕੋਈ ਸਿਆਣਾ ਹੈ; ਜਿਸ ਕੰਮ ਵਿਚ ਪਰਮਾਤਮਾ ਨੇ ਕਿਸੇ ਨੂੰ ਲਾਇਆ ਹੈ ਉਸੇ ਵਿਚ ਹੀ ਉਹ ਲੱਗਾ ਹੋਇਆ ਹੈ। ਹੇ ਨਾਨਕ (ਆਖ–) ਪ੍ਰਭੂ ਮਿਹਰ ਕਰ ਕੇ ਜਿਸ ਮਨੁੱਖ ਨੂੰ ਆਪਣਾ ਨਾਮ ਬਖ਼ਸ਼ਦਾ ਹੈ, ਮੈਂ ਉਸ ਤੋਂ ਸਦਕੇ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ । ੮ । ੩ ।

ਰਾਮਕਲੀ ਮਹਲਾ ੫॥ ਦਾਵਾ ਅਗਨਿ ਰਹੇ ਹਰਿ ਬੂਟ ॥ ਮਾਤ ਗਰਭ ਸੰਕਟ ਤੇ ਛੂਟ ॥ ਜਾ ਕਾ ਨਾਮੁ ਸਿਮਰਤ ਭਉ ਜਾਇ ॥ ਤੈਸੇ ਸੰਤ ਜਨਾ ਰਾਖੈ ਹਰਿ ਰਾਇ ॥ ੧ ॥ ਐਸੇ ਰਾਖਨਹਾਰ ਦਇਆਲ ॥ ਜਤ ਕਤ ਦੇਖਉ ਤੁਮ ਪ੍ਰਤਿਪਾਲ ॥੧॥ ਰਹਾਉ ॥ ਜਲੁ ਪੀਵਤ ਜਿਉ ਤਿਖਾ ਮਿਟੰਤ॥ ਧਨ ਬਿਗਸੈ ਗ੍ਰਿਹਿ ਆਵਤ ਕੰਤ ॥ ਲੋਭੀ ਕਾ ਧਨੁ ਪ੍ਰਾਣ ਅਧਾਰੁ॥ਤਿਉ ਹਰਿਜਨ ਹਰਿ ਹਰਿ ਨਾਮ ਪਿਆਰੁ ॥੨॥ ਕਿਰਸਾਨੀ ਜਿਉ ਰਾਖੈ ਰਖਵਾਲਾ॥ ਮਾਤ ਪਿਤਾ ਦਇਆ ਜਿਉ ਬਾਲਾ ॥ ਪ੍ਰੀਤਮੁ ਦੇਖਿ ਪ੍ਰੀਤਮੁ ਮਿਲਿ ਜਾਇ॥ ਤਿਉ ਹਰਿ ਜਨ ਰਾਖੈ ਕੰਠਿ ਲਾਇ ॥ ੩ ॥ ਜਿਉ ਅੰਧੁਲੇ ਪੇਖਤ ਹੋਇ ਅਨੰਦ ॥ ਗੂੰਗਾ ਬਕਤ ਗਾਵੈ ਬਹੁ ਛੰਦ ॥ ਪਿੰਗੁਲ ਪਰਬਤ ਪਰਤੇ ਪਾਰਿ॥ ਹਰਿ ਕੈ ਨਾਮਿ ਸਗਲ ਉਧਾਰਿ ॥੪॥ [ਪੰਨਾ ੯੧੪]

ਪਦ ਅਰਥ :–ਦਾਵਾ ਅਗਨਿ–ਜੰਗਲ ਦੀ ਅੱਗ। ਰਹੇ–ਟਿਕੀ ਰਹਿੰਦੀ ਹੈ। ਹਰਿ ਬੂਟ–ਹਰੀ ਬੂਟੀ ਵਿਚ। ਸੰਕਟ–ਦੁੱਖ। ਤੇ–ਤੋਂ। ਛੂਟ–ਬਚਾਉ, ਖਲਾਸੀ। ਜਾ ਕਾ–ਜਿਸ (ਪਰਮਾਤਮਾ) ਦਾ। ਭਉ–(ਹਰੇਕ ਕਿਸਮ ਦਾ) ਡਰ। ਹਰਿ ਰਾਇ–ਪ੍ਰਭੂ ਪਾਤਿਸ਼ਾਹ। ਰਾਖੈ–ਰੱਖਿਆ ਕਰਦਾ ਹੈ। ੧।

ਰਾਖਨਹਾਰ–ਹੇ ਰੱਖਿਆ ਕਰ ਸਕਣ ਵਾਲੇ ! ਐਸੇ ਦਇਆਲ–ਤੂੰ ਅਜਿਹਾ ਦਇਆ ਦਾ ਘਰ ਹੈਂ। ਜਤ ਕਤ–ਜਿਥੇ ਕਿੱਥੇ। ਦੇਖਉ–ਦੇਖਉਂ, ਮੈਂ ਵੇਖਦਾ ਹਾਂ। ੧। ਰਹਾਉ।

ਜਿਉ–ਜਿਵੇਂ। ਤਿਖਾ–ਪਿਆਸ। ਧਨ–ਇਸਤ੍ਰੀ। ਬਿਗਸੈ–ਖ਼ੁਸ਼ ਹੁੰਦੀ ਹੈ। ਗ੍ਰਿਹਿ–ਘਰ ਵਿਚ। ਕੰਤ–ਖਸਮ, ਪਤੀ। ਪ੍ਰਾਣ ਅਧਾਰੁ–ਜ਼ਿੰਦਗੀ ਦਾ ਸਹਾਰਾ। ੨।

ਕਿਰਸਾਨੀ–ਖੇਤੀ। ਦਇਆ–ਪਿਆਰ। ਬਾਲ਼ਾ–ਬੱਚਾ। ਪ੍ਰੀਤਮੁ–ਮਿੱਤਰ। ਦੇਖਿ–ਵੇਖ ਕੇ। ਮਿਲਿ–ਮਿਲ ਕੇ। ਕੰਠਿ–ਗੱਲ ਨਾਲ। ੩।

ਅੰਧੁਲੇ—ਅੰਨ੍ਹੇ ਨੂੰ। ਪੇਖਤ—ਵੇਖਦਿਆਂ, ਵੇਖ ਸਕਣ ਦੀ ਸੱਤਿਆ ਮਿਲਿਆਂ। ਬਕਤ—ਬੋਲ ਸਕਣ ਨਾਲ। ਪਰਤੇ—ਲੰਘਦਿਆਂ। ਨਾਮਿ—ਨਾਮ ਵਿਚ। ਸਗਲ—ਸਾਰੀ ਲੋਕਾਈ। ਉਧਾਰਿ—ਉਧਾਰੀ ਜਾਂਦੀ ਹੈ, ਪਾਰ ਲੰਘਾਈ ਜਾਂਦੀ ਹੈ। ੪।

ਅਰਥ :—ਹੇ ਸਭ ਦੀ ਰੱਖਿਆ ਕਰਨ ਦੇ ਸਮਰੱਥ ਪ੍ਰਭੂ! ਤੂੰ ਬੜਾ ਹੀ ਦਇਆ ਦਾ ਘਰ ਹੈਂ। ਮੈਂ ਜਿੱਧਰ ਵੇਖਦਾ ਹਾਂ, ਤੂੰ ਹੀ ਸਭ ਦੀ ਪਾਲਣਾ ਕਰਦਾ ਹੈਂ। ੧। ਰਹਾਉ।

ਹੇ ਭਾਈ! ਜੰਗਲ ਦੀ ਅੱਗ ਹਰੇ ਬੂਟੇ ਵਿਚ ਟਿਕੀ ਰਹਿੰਦੀ ਹੈ (ਉਸ ਨੂੰ ਨਹੀਂ ਸਾੜਦੀ। ਬਾਕੀ ਜੰਗਲ ਨੂੰ ਸਾੜਦੀ ਹੈ); ਬੱਚਾ ਮਾਂ ਦੇ ਪੇਟ ਦੇ ਦੁੱਖਾਂ ਤੋਂ ਬਚਿਆ ਰਹਿੰਦਾ ਹੈ; ਇਸੇ ਤਰ੍ਹਾਂ ਉਹ ਪ੍ਰਭੂ ਪਾਤਿਸ਼ਾਹਿ ਜਿਸ ਦਾ ਨਾਮ ਸਿਮਰਿਆਂ ਹਰੇਕ ਕਿਸਮ ਦਾ ਡਰ ਦੂਰ ਹੋ ਜਾਂਦਾ ਹੈ, ਆਪਣੇ ਸੰਤ ਜਨਾਂ ਦੀ ਰੱਖਿਆ ਕਰਦਾ ਹੈ। ੧।

ਹੇ ਭਾਈ! ਜਿਵੇਂ ਪਾਣੀ ਪੀਤਿਆਂ ਤ੍ਰੇਹ ਮਿਟ ਜਾਂਦੀ ਹੈ, ਜਿਵੇਂ ਪਤੀ ਘਰ ਆਇਆਂ ਇਸਤ੍ਰੀ ਖ਼ੁਸ਼ ਹੋ ਜਾਂਦੀ ਹੈ, ਜਿਵੇਂ ਧਨ-ਪਦਾਰਥ ਲੋਭੀ ਮਨੁੱਖ ਦੀ ਜ਼ਿੰਦਗੀ ਦਾ ਸਹਾਰਾ ਬਣਿਆ ਰਹਿੰਦਾ ਹੈ, ਤਿਵੇਂ ਪ੍ਰਭੂ ਦੇ ਭਗਤਾਂ ਦਾ ਪ੍ਰਭੂ ਦੇ ਨਾਮ ਨਾਲ ਪਿਆਰ ਹੁੰਦਾ ਹੈ। ੨।

ਹੇ ਭਾਈ! ਜਿਵੇਂ ਰਾਖਾ ਖੇਤੀ ਦੀ ਰਾਖੀ ਕਰਦਾ ਹੈ, ਜਿਵੇਂ ਮਾਪੇ ਆਪਣੇ ਬੱਚੇ ਨਾਲ ਪਿਆਰ ਕਰਦੇ ਹਨ, ਜਿਵੇਂ ਕੋਈ ਮਿੱਤਰ ਆਪਣੇ ਮਿੱਤਰ ਨੂੰ ਵੇਖ ਕੇ (ਉਸ ਨੂੰ) ਮਿਲ ਕੇ ਜਾਂਦਾ ਹੈ, ਤਿਵੇਂ ਪਰਮਾਤਮਾ ਆਪਣੇ ਭਗਤਾਂ ਨੂੰ ਆਪਣੇ ਗਲ ਨਾਲ ਲਾ ਰੱਖਦਾ ਹੈ। ੩।

ਹੇ ਭਾਈ! ਜਿਵੇਂ ਜੇ ਕਿਸੇ ਅੰਨ੍ਹੇ ਨੂੰ ਵੇਖ ਸਕਣ ਦੀ ਸ਼ਕਤੀ ਮਿਲ ਜਾਏ ਤਾਂ ਉਹ ਬੜਾ ਖ਼ੁਸ਼ ਹੁੰਦਾ ਹੈ, ਜੇ ਗੁੰਗਾ ਬੋਲਣ ਲੱਗ ਪਏ (ਤਾਂ ਉਹ ਖ਼ੁਸ਼ ਹੁੰਦਾ ਹੈ, ਤੇ) ਕਈ ਗੀਤ ਗਾਣ ਲੱਗ ਪੈਂਦਾ ਹੈ, ਕੋਈ ਲੂਲ੍ਹਾ ਪਹਾੜਾਂ ਤੋਂ ਪਾਰ ਲੰਘ ਸਕਣ ਨਾਲ ਖ਼ੁਸ਼ ਹੁੰਦਾ ਹੈ, ਇਸੇ ਤਰ੍ਹਾਂ ਪਰਮਾਤਮਾ ਦੇ ਨਾਮ ਦੀ ਬਰਕਤਿ ਨਾਲ (ਜਿਹੜੀ) ਲੋਕਾਈ ਦਾ ਨਿਸਤਾਰਾ ਹੁੰਦਾ ਹੈ (ਉਹ ਬਹੁਤ ਪ੍ਰਸੰਨ ਹੁੰਦੀ ਹੈ)।੪।

ਜਿਉ ਪਾਵਕ ਸੰਗਿ ਸੀਤ ਕੋ ਨਾਸ ॥ ਐਸੇ ਪ੍ਰਾਛਤ ਸੰਤ ਸੰਗਿ ਬਿਨਾਸ ॥ ਜਿਉ ਸਾਬੁਨਿ ਕਾਪਰ ਊਜਲ ਹੋਤ ॥ ਨਾਮ ਜਪਤ ਸਭੁ ਭ੍ਰਮੁ ਭਉ ਖੋਤ ॥੫॥ ਜਿਉ ਚਕਵੀ ਸੂਰਜ ਕੀ ਆਸ ॥ ਜਿਉ ਚਾਤ੍ਰਿਕ ਬੂੰਦ ਕੀ ਪਿਆਸ॥ ਜਿਉ ਕੁਰੰਕ ਨਾਦ ਕਰਨ ਸਮਾਨੇ ॥ ਤਿਉ ਹਰਿਨਾਮ ਹਰਿ ਜਨ ਮਨਹਿ ਸੁਖਾਨੇ ॥੬॥ ਤੁਮਰੀ ਕ੍ਰਿਪਾ ਤੇ ਲਾਗੀ ਪ੍ਰੀਤਿ ॥ ਦਇਆਲ ਭਏ ਤਾ ਆਏ ਚੀਤਿ ॥ ਦਇਆ ਧਾਰੀ ਤਿਨਿ ਧਾਰਣਹਾਰ ॥ ਬੰਧਨ ਤੇ

ਹੋਈ ਛੁਟਕਾਰ ॥ ੭ ॥ ਸਭਿ ਥਾਨ ਦੇਖੇ ਨੈਣ ਅਲੋਇ ॥ ਤਿਸੁ ਬਿਨੁ ਦੂਜਾ ਅਵਰੁ ਨ ਕੋਇ ॥ ਭ੍ਰਮ ਭੈ ਛੂਟੇ ਗੁਰ ਪਰਸਾਦ ॥ ਨਾਨਕ ਪੇਖਿਓ ਸਭੁ ਬਿਸਮਾਦ ॥ ੮ ॥ ੪ ॥ [ਪੰਨਾ ੯੧੪]

ਪਦ ਅਰਥ :—ਪਾਵਕ—ਅੱਗ। ਪਾਵਕ ਸੰਗਿ—ਅੱਗ ਨਾਲ। ਕੋ—ਦਾ। ਪ੍ਰਾਛਤ—ਪਾਪ। ਸੰਤ ਸੰਗਿ—ਸੰਤਾਂ ਦੀ ਸੰਗਤਿ ਵਿਚ। ਸਾਬੁਨ—ਸਾਬਣ ਨਾਲ। ਕਾਪਰ—ਕੱਪੜੇ। ਊਜਲ—ਸਾਫ਼-ਸੁਥਰੇ। ਜਪਤ—ਜਪਦਿਆਂ। ਸਭੁ—ਸਾਰਾ। ਭ੍ਰਮੁ—ਭਰਮ, ਭਟਕਣ। ਖੋਤ—ਖੋਇਆ ਜਾਂਦਾ ਹੈ। ੫।

ਆਸ—ਉਡੀਕ। ਚਾਤ੍ਰਿਕ—ਪਪੀਹਾ। ਕੁਰੰਕ—ਹਰਨ। ਕਰਨ—ਕੰਨ। ਕੁਰੰਕ ਕਰਨ—ਹਰਨ ਦੇ ਕੰਨ। ਨਾਦ—ਆਵਾਜ਼, ਘੰਡੇਹੇੜੇ (ਖੱਲ ਨਾਲ ਮੜ੍ਹੇ ਹੋਏ ਘੜੇ) ਦੀ ਆਵਾਜ਼ ਵਿਚ। ਸਮਾਨੇ—ਲੀਨ। ਮਨਹਿ—ਮਨ ਵਿਚ। ਸੁਖਾਨੇ—ਮਿੱਠਾ ਲੱਗਦਾ ਹੈ। ੬।

ਤੇ—ਤੋਂ, ਨਾਲ, ਦੀ ਰਾਹੀਂ। ਦਇਆਲ—ਦਇਆਵਾਨ। ਚੀਤਿ—ਚਿੱਤ ਵਿਚ। ਤਿਨਿ—ਉਸ (ਪ੍ਰਭੂ) ਨੇ। ਧਾਰਣਹਾਰ—ਦਇਆ ਧਾਰਣਹਾਰ, ਦਇਆ ਕਰ ਸਕਣ ਦੀ ਸਮਰਥਾ ਵਾਲੇ ਪ੍ਰਭੂ ਨੇ। ਤੇ—ਤੋਂ। ਛੁਟਕਾਰ—ਸਦਾ ਲਈ ਖਲਾਸੀ। ੭।

ਸਭਿ—ਸਾਰੇ। ਨੈਣ—ਅੱਖਾਂ (ਨਾਲ)। ਅਲੋਇ—ਵੇਖ ਕੇ, ਨੀਝ ਲਾ ਕੇ, ਗਹੁ ਨਾਲ ਵੇਖ ਕੇ। ਅਵਰੁ—ਕੋਈ ਹੋਰ। ਭੈ—[ਲਫ਼ਜ਼ 'ਭਉ' ਤੋਂ ਬਹੁ ਵਚਨ] ਸਾਰੇ ਡਰ। ਭ੍ਰਮ—[ਬਹੁ ਵਚਨ] ਸਾਰੇ ਵਹਮ। ਪਰਸਾਦ—ਕਿਰਪਾ। ਸਭੁ—ਹਰ ਥਾਂ। ਬਿਸਮਾਦ—ਅਸਚਰਜ-ਰੂਪ ਪਰਮਾਤਮਾ। ੮।

ਅਰਥ :—ਹੇ ਭਾਈ! ਜਿਵੇਂ ਅੱਗ ਨਾਲ ਠੰਢ ਦਾ ਨਾਸ ਹੋ ਜਾਂਦਾ ਹੈ, ਤਿਵੇਂ ਸੰਤਾਂ ਦੀ ਸੰਗਤ ਕੀਤਿਆਂ ਪਾਪਾਂ ਦਾ ਨਾਸ ਹੋ ਜਾਂਦਾ ਹੈ। ਹੇ ਭਾਈ! ਜਿਵੇਂ ਸਾਬਣ ਨਾਲ ਕੱਪੜੇ ਸਾਫ਼-ਸੁਥਰੇ ਹੋ ਜਾਂਦੇ ਹਨ, ਤਿਵੇਂ ਪਰਮਾਤਮਾ ਦਾ ਨਾਮ ਜਪਦਿਆਂ ਹਰੇਕ ਵਹਿਮ ਹਰੇਕ ਡਰ ਦੂਰ ਹੋ ਜਾਂਦਾ ਹੈ। ੫।

ਹੇ ਭਾਈ! ਜਿਵੇਂ ਚਕਵੀ (ਚਕਵੇ ਨੂੰ ਮਿਲਨ ਵਾਸਤੇ) ਸੂਰਜ (ਦੇ ਚੜ੍ਹਨ) ਦੀ ਉਡੀਕ ਕਰਦੀ ਰਹਿੰਦੀ ਹੈ, ਜਿਵੇਂ (ਪਿਆਸ ਬੁਝਾਣ ਲਈ) ਪਪੀਹੇ ਨੂੰ ਵਰਖਾ ਦੀਆਂ ਬੂੰਦਾਂ ਦੀ ਲਾਲਸਾ ਹੁੰਦੀ ਹੈ, ਜਿਵੇਂ ਹਰਨ ਦੇ ਕੰਨ ਘੰਡੇਹੇੜੇ ਦੀ ਆਵਾਜ਼ ਵਿਚ ਮਸਤ ਰਹਿੰਦੇ ਹਨ, ਤਿਵੇਂ ਸੰਤ ਜਨਾਂ ਦੇ ਮਨ ਵਿਚ ਪਰਮਾਤਮਾ ਦਾ ਨਾਮ ਪਿਆਰਾ ਲੱਗਦਾ ਹੈ। ੬।

ਹੇ ਪ੍ਰਭੂ! ਤੇਰੀ ਮਿਹਰ ਨਾਲ ਹੀ (ਤੇਰੇ ਚਰਨਾਂ ਵਿਚ ਕਿਸੇ ਭਾਗਾਂ ਵਾਲੇ ਦੀ) ਪ੍ਰੀਤ ਬਣਦੀ ਹੈ। (ਹੇ ਭਾਈ! ਜਿਸ ਮਨੁੱਖ ਉੱਤੇ ਜਦੋਂ ਪ੍ਰਭੂ ਜੀ) ਦਇਆਵਾਨ ਹੁੰਦੇ

ਹਨ ਤਦੋਂ ਉਸਦੇ ਹਿਰਦੇ ਵਿਚ ਆ ਵੱਸਦੇ ਹਨ। ਹੇ ਭਾਈ! ਦਇਆ ਕਰਨ ਜੋਗੇ ਉਸ (ਪ੍ਰਭੂ) ਨੇ (ਜਿਸ ਬੰਦੇ ਉਤੇ) ਦਇਆ ਕੀਤੀ, (ਉਸ ਬੰਦੇ ਨੂੰ ਮਾਇਆ ਦੇ ਮੋਹ ਦੇ) ਬੰਧਨਾਂ ਤੋਂ ਸਦਾ ਲਈ ਖ਼ਲਾਸੀ ਮਿਲ ਗਈ। ੭।

ਹੇ ਨਾਨਕ! (ਆਖ–ਹੇ ਭਾਈ!) ਗੁਰੂ ਦੀ ਕਿਰਪਾ ਨਾਲ (ਜਿਸ ਮਨੁੱਖ ਦੇ) ਸਾਰੇ ਵਹਮ ਸਾਰੇ ਡਰ ਮੁੱਕ ਜਾਂਦੇ ਹਨ, ਉਹ ਹਰ ਥਾਂ ਉਸ ਅਸਚਰਜ-ਰੂਪ ਪਰਮਾਤਮਾ ਨੂੰ ਹੀ ਵੇਖਦਾ ਹੈ। ਉਹ ਮਨੁੱਖ ਅੱਖਾਂ ਖੋਹਲ ਕੇ ਸਾਰੇ ਥਾਂ ਵੇਖਦਾ ਹੈ, ਉਸ ਨੂੰ (ਕਿਤੇ ਭੀ) ਉਸ ਪਰਮਾਤਮਾ ਤੋਂ ਬਿਨਾ ਕੋਈ ਹੋਰ ਦੂਜਾ ਨਹੀਂ ਦਿੱਸਦਾ। ੮। ੪।

ਰਾਮਕਲੀ ਮਹਲਾ ੫॥ ਜੀਅ ਜੰਤ ਸਭਿ ਪੇਖੀਅਹਿ ਪ੍ਰਭ ਸਗਲ ਤੁਮਾਰੀ ਧਾਰਨਾ॥ ੧॥ ਇਹੁ ਮਨ ਹਰਿ ਕੈ ਨਾਮਿ ਉਧਾਰਨਾ॥ ੧॥ ਰਹਾਉ॥ ਖਿਨ ਮਹਿ ਥਾਪਿ ਉਥਾਪੇ ਕੁਦਰਤਿ ਸਭਿ ਕਰਤੇ ਕੇ ਕਾਰਨਾ॥ ੨॥ ਕਾਮੁ ਕ੍ਰੋਧ ਲੋਭੁ ਝੂਠੁ ਨਿੰਦਾ ਸਾਧੂ ਸੰਗਿ ਬਿਦਾਰਨਾ॥ ੩॥ ਨਾਮੁ ਜਪਤ ਮਨੁ ਨਿਰਮਲ ਹੋਵੈ ਸੂਖੇ ਸੂਖਿ ਗੁਦਾਰਨਾ॥ ੪॥ ਭਗਤ ਸਰਣਿ ਜੋ ਆਵੈ ਪ੍ਰਾਣੀ ਤਿਸੁ ਈਹਾ ਊਹਾ ਨ ਹਾਰਨਾ॥੫॥ ਸੂਖ ਦੂਖ ਇਸੁ ਮਨ ਕੀ ਬਿਰਥਾ ਤੁਮ ਹੀ ਆਗੈ ਸਾਰਨਾ॥ ੬॥ ਤੂ ਦਾਤਾ ਸਭਨਾ ਜੀਆ ਕਾ ਆਪਨ ਕੀਆ ਪਾਲਨਾ॥੭॥ ਅਨਿਕ ਬਾਰ ਕੋਟਿ, ਜਨ ਊਪਰਿ ਨਾਨਕੁ ਵੰਞੈ ਵਾਰਨਾ॥ ੮॥ ੫॥ [ਪੰਨਾ ੯੧੫]

ਪਦ ਅਰਥ :–ਸਭਿ–ਸਾਰੇ। ਪੇਖੀਅਹਿ–ਵੇਖੇ ਜਾ ਰਹੇ ਹਨ [ਕਰਮ ਵਾਚ, ਵਰਤਮਾਨ ਕਾਲ, ਬਹੁ ਵਚਨ, ਅੰਨ ਪੁਰਖ]। ਪ੍ਰਭ–ਹੇ ਪ੍ਰਭੂ! ਧਾਰਨਾ–ਆਸਰਾ।੧।

ਹਰਿ ਕੈ ਨਾਮ–ਪਰਮਾਤਮਾ ਦੇ ਨਾਮ ਦੀ ਰਾਹੀਂ। ਉਧਾਰਨਾ–ਪਾਰ-ਉਤਾਰਾ, ਨਿਸਤਾਰਾ। ੧। ਰਹਾਉ।

ਥਾਪਿ–ਬਣਾ ਕੇ। ਉਥਾਪੇ–ਨਾਸ ਕਰਦਾ ਹੈ। ਕੁਦਰਤਿ–ਰਚਨਾ। ਕਰਤੇ ਕੇ–ਕਰਤਾਰ ਦੇ। ਕਾਰਨਾ–ਢੰਗ। ੨।

ਸਾਧੂ ਸੰਗਿ–ਗੁਰੂ ਦੀ ਸੰਗਤਿ ਵਿਚ। ਬਿਦਾਰਨਾ–ਨਾਸ ਕੀਤੇ ਜਾ ਸਕਦੇ ਹਨ। ੩।

ਜਪਤ–ਜਪਦਿਆਂ। ਸੂਖੇ ਸੂਖਿ–ਸੁਖ ਵਿਚ ਹੀ ਸੁਖ ਵਿਚ ਹੀ। ਗੁਦਾਰਨਾ–ਗੁਜ਼ਾਰਨਾ, ਗੁਜ਼ਾਰੀ ਜਾ ਸਕਦੀ ਹੈ ['ਜ਼' ਦੇ ਥਾਂ 'ਦ' ਦੀ ਵਰਤੋਂ ਹੋਰ ਭੀ ਕਈ ਥਾਈਂ ਹੈ–ਕਾਜ਼ੀ, ਕਾਦੀ; ਕਾਗ਼ਜ਼, ਕਾਗਦ। ਅਰਬੀ ਵਿਚ ਭੀ ਇਹ ਵਰਤੋਂ ਮਿਲਦੀ ਹੈ–'ਜ਼ੁਆਦ' ਨੂੰ 'ਦੁਆਦ' ਪੜ੍ਹਨਾ। ੪।

ਈਹਾ–ਇਸ ਲੋਕ ਵਿਚ। ਊਹਾ–ਪਰਲੋਕ ਵਿਚ। ੫।

ਬਿਰਥਾ-[ਵ੍ਯਥਾ], ਦੁੱਖ, ਫ਼ਰਿਆਦ। ਸਾਰਨਾ–ਗੁਜ਼ਾਰੀ ਜਾ ਸਕਦੀ ਹੈ। ੬।

ਕੀਆ–ਕੀਤਾ ਹੋਇਆ, ਪੈਦਾ ਕੀਤਾ ਹੋਇਆ ਜਗਤ। ੭।

ਅਨਿਕ ਖਾਰ ਕੋਟਿ–ਅਨੇਕਾਂ ਵਾਰੀ ਕ੍ਰੋੜਾਂ ਵਾਰੀ। ਵੰਞੈ ਵਾਰਨਾ–ਸਦਕੇ ਜਾਂਦਾ ਹੈ। ਨਾਨਕੁ–[ਕਰਤਾ ਕਾਰਕ, ਇਕ ਵਚਨ]। ਨਾਨਕੁ ਵੰਞੈ–ਨਾਨਕ ਜਾਂਦਾ ਹੈ। ੮।

ਅਰਥ :–(ਹੇ ਭਾਈ ! ਕਾਮ ਕ੍ਰੋਧ ਲੋਭ ਝੂਠ ਨਿੰਦਾ ਆਦਿਕ ਤੋਂ) ਇਸ ਮਨ ਨੂੰ ਪਰਮਾਤਮਾ ਦੇ ਨਾਮ ਦੀ ਰਾਹੀਂ ਹੀ ਬਚਾਇਆ ਜਾ ਸਕਦਾ ਹੈ। ੧। ਰਹਾਉ।

ਹੇ ਭਾਈ ! ਇਹ ਸਾਰੇ ਜੀਵ ਜੰਤ ਜੋ ਦਿੱਸ ਰਹੇ ਹਨ, ਇਹ ਸਾਰੇ ਤੇਰੇ ਹੀ ਆਸਰੇ ਹਨ। ੧।

ਹੇ ਭਾਈ ! ਪਰਮਾਤਮਾ ਇਸ ਰਚਨਾ ਨੂੰ ਇਕ ਖਿਨ ਵਿਚ ਪੈਦਾ ਕਰ ਕੇ ਫਿਰ ਨਾਸ ਭੀ ਕਰ ਸਕਦਾ ਹੈ। ਇਹ ਸਾਰੇ ਕਰਤਾਰ ਦੇ ਹੀ ਖੇਲ ਹਨ। ੨।

ਹੇ ਭਾਈ ! ਕਾਮ ਕ੍ਰੋਧ ਲੋਭ ਝੂਠ ਨਿੰਦਾ ਆਦਿਕ ਵਿਕਾਰ ਨੂੰ ਗੁਰੂ ਦੀ ਸੰਗਤਿ ਵਿਚ ਰਹਿ ਕੇ (ਆਪਣੇ ਮਨ ਵਿਚੋਂ ਚੀਰ ਫਾੜ ਕੇ) ਦੂਰ ਕਰ ਸਕੀਦਾ ਹੈ। ੩।

ਹੇ ਭਾਈ ! ਪਰਮਾਤਮਾ ਦਾ ਨਾਮ ਜਪਦਿਆਂ (ਮਨੁੱਖ ਦਾ) ਮਨ ਪਵਿੱਤਰ ਹੋ ਜਾਂਦਾ ਹੈ। (ਮਨੁੱਖ ਦੀ ਉਮਰ) ਨਿਰੋਲ ਆਤਮਕ ਆਨੰਦ ਵਿਚ ਹੀ ਬੀਤਦੀ ਹੈ। ੪।

ਹੇ ਭਾਈ ! ਜਿਹੜਾ ਮਨੁੱਖ ਪਰਮਾਤਮਾ ਦੀ ਬੰਦਗੀ ਕਰਨ ਵਾਲੇ ਬੰਦਿਆਂ ਦੀ ਸਰਨ ਆਉਂਦਾ ਹੈ, ਉਹ ਮਨੁੱਖ ਇਸ ਲੋਕ ਵਿਚ ਤੇ ਪਰਲੋਕ ਵਿਚ ਭੀ (ਵਿਕਾਰਾਂ ਦੇ ਹੱਥੋਂ ਆਪਣੀ ਮਨੁੱਖਾ ਜੀਵਨ ਦੀ ਬਾਜ਼ੀ) ਹਾਰਦਾ ਨਹੀਂ। ੫।

ਹੇ ਭਾਈ ! ਇਸ ਮਨ ਦੀ ਸੁਖਾਂ ਦੀ ਮੰਗ ਅਤੇ ਦੁੱਖਾਂ ਵਲੋਂ ਪੁਕਾਰ ਤੇਰੇ ਅੱਗੇ ਹੀ ਕੀਤੀ ਜਾ ਸਕਦੀ ਹੈ। ੬।

ਹੇ ਪ੍ਰਭੂ ! ਤੂੰ ਸਾਰੇ ਜੀਵਾਂ ਨੂੰ ਹੀ ਦਾਤਾਂ ਦੇਣ ਵਾਲਾ ਹੈਂ, ਆਪਣੇ ਪੈਦਾ ਕੀਤੇ ਜੀਵਾਂ ਨੂੰ ਤੂੰ ਆਪ ਹੀ ਪਾਲਣ ਵਾਲਾ ਹੈਂ। ੭।

ਹੇ ਪ੍ਰਭੂ ! (ਤੇਰਾ ਦਾਸ) ਨਾਨਕ ਤੇਰੇ ਭਗਤਾਂ (ਦੇ ਚਰਨਾਂ) ਤੋਂ ਅਨੇਕਾਂ ਵਾਰੀ ਕ੍ਰੋੜਾਂ ਵਾਰੀ ਸਦਕੇ ਜਾਂਦਾ ਹੈ। ੮। ੫।

ਰਾਮਕਲੀ ਮਹਲਾ ੫ ਅਸਟਪਦੀ॥

ੴ ਸਤਿਗੁਰਪ੍ਰਸਾਦਿ ॥ਦਰਸਨੁ ਭੇਟਤ ਪਾਪ ਸਭਿ ਨਾਸਹਿ ਹਰਿ ਸਿਉ ਦੇਇ ਮਿਲਾਈ ॥ ੧ ॥ ਮੇਰਾ ਗੁਰੁ ਪਰਮੇਸਰੁ ਸੁਖਦਾਈ ॥ ਪਾਰਬ੍ਰਹਮ ਕਾ ਨਾਮੁ ਦ੍ਰਿੜਾਏ ਅੰਤੇ ਹੋਇ ਸਖਾਈ ॥ ੧ ॥ ਰਹਾਉ ॥

ਸਗਲ ਦੂਖ ਕਾ ਡੇਰਾ ਭੰਨਾ ਸੰਤ ਧੂਰਿ ਮੁਖਿ ਲਾਈ॥ ੨ ॥ਪਤਿਤ ਪੁਨੀਤ ਕੀਏ ਖਿਨ ਭੀਤਰਿ ਅਗਿਆਨੁ ਅੰਧੇਰੁ ਵੰਞਾਈ ॥ ੩ ॥ ਕਰਣ ਕਾਰਣ ਸਮਰਥੁ ਸੁਆਮੀ ਨਾਨਕ ਤਿਸੁ ਸਰਣਾਈ ॥ ੪ ॥ [ਪੰਨਾ ੯੧੫]

ਪਦ ਅਰਥ :–ਭੇਟਤ–ਮਿਲਦਿਆਂ, ਪ੍ਰਾਪਤ ਹੁੰਦਿਆਂ । ਸਭਿ–ਸਾਰੇ [ਬਹੁ ਵਚਨ] । ਨਾਸਹਿ–[ਬਹੁ ਵਚਨ] ਨਾਸ ਹੋ ਜਾਂਦੇ ਹਨ । ਸਿਉ–ਨਾਲ । ਦੇਇ–ਦੇਂਦਾ ਹੈ । ਦੇਇ ਮਿਲਾਈ–ਮਿਲਾਇ ਦੇਇ, ਜੋੜ ਦੇਂਦਾ ਹੈ । ੧ ।

ਸੁਖਦਾਈ–ਸੁਖਾਂ ਦਾ ਦਾਤਾ । ਦ੍ਰਿੜਾਏ–ਹਿਰਦੇ ਵਿਚ ਪੱਕਾ ਕਰ ਦੇਂਦਾ ਹੈ । ਅੰਤੇ–ਅਖ਼ੀਰ ਵੇਲੇ ਭੀ । ਸਖਾਈ–ਸਾਥੀ, ਮਿੱਤਰ । ੧ । ਰਹਾਉ ।

ਸਗਲ–ਸਾਰੇ । ਭੰਨਾ–ਢਹਿ ਗਿਆ । ਸੰਤ ਧੂਰਿ–ਗੁਰੂ ਦੇ ਚਰਨਾਂ ਦੀ ਧੂੜਿ । ਮੁਖਿ–ਮੂੰਹ ਉਤੇ । ੨ ।

ਪਤਿਤ–ਵਿਕਾਰਾਂ ਵਿਚ ਡਿੱਗੇ ਹੋਏ ਬੰਦੇ । ਪੁਨੀਤ–ਪਵਿੱਤਰ । ਖਿਨ ਭੀਤਰਿ–ਖਿਨ ਵਿਚ । ਅਗਿਆਨ–ਆਤਮਕ ਜੀਵਨ ਵਲੋਂ ਬੇ-ਸਮਝੀ । ਅੰਧੇਰੁ–ਹਨੇਰਾ । ਵੰਞਾਈ–ਦੂਰ ਕਰਦਾ ਹੈ । ੩ ।

ਕਰਣ ਕਾਰਣ–ਜਗਤ ਦਾ ਮੂਲ । ਸਮਰਥੁ–ਸਭ ਤਾਕਤਾਂ ਦਾ ਮਾਲਕ । ੪ ।

ਅਰਥ:–ਹੇ ਭਾਈ ! ਮੇਰਾ ਗੁਰੂ ਪਰਮੇਸਰ (ਦਾ ਰੂਪ) ਹੈ, ਸਾਰੇ ਸੁਖ ਦੇਣ ਵਾਲਾ ਹੈ । ਹੇ ਭਾਈ ! ਗੁਰੂ ਪਰਮਾਤਮਾ ਦਾ ਨਾਮ (ਮਨੁੱਖ ਦੇ ਹਿਰਦੇ ਵਿਚ) ਪੱਕਾ ਕਰ ਦੇਂਦਾ ਹੈ (ਤੇ ਇਸ ਤਰ੍ਹਾਂ) ਅਖ਼ੀਰ ਵੇਲੇ ਭੀ (ਮਨੁੱਖ ਦਾ) ਮਿੱਤਰ ਬਣਦਾ ਹੈ । ੧ । ਰਹਾਉ ।

ਹੇ ਭਾਈ ! ਗੁਰੂ ਦਾ ਦਰਸ਼ਨ ਪ੍ਰਾਪਤ ਹੁੰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ, (ਗੁਰੂ ਮਨੁੱਖ ਨੂੰ) ਪਰਮਾਤਮਾ ਨਾਲ ਜੋੜ ਦੇਂਦਾ ਹੈ । ੧ ।

ਹੇ ਭਾਈ ! (ਜਿਹੜਾ ਮਨੁੱਖ) ਗੁਰੂ ਦੇ ਚਰਨਾਂ ਦੀ ਧੂੜ(ਆਪਣੇ)ਮੱਥੇ ਉਤੇ ਲਾਂਦਾ ਹੈ (ਉਸ ਦੇ ਅੰਦਰੋਂ) ਸਾਰੇ ਦੁੱਖਾਂ ਦਾ ਅੱਡਾ ਹੀ ਮੁੱਕ ਜਾਂਦਾ ਹੈ । ੨ ।

ਹੇ ਭਾਈ ! (ਗੁਰੂ ਨੇ) ਅਨੇਕਾਂ ਵਿਕਾਰੀਆਂ ਨੂੰ ਇਕ ਖਿਨ ਵਿਚ ਪਵਿੱਤਰ ਕਰ ਦਿੱਤਾ, (ਗੁਰੂ ਮਨੁੱਖ ਦੇ ਅੰਦਰੋਂ) ਆਤਮਕ ਜੀਵਨ ਵਲੋਂ ਬੇ-ਸਮਝੀ (ਦਾ) ਹਨੇਰਾ ਦੂਰ ਕਰ ਦੇਂਦਾ ਹੈ । ੩ ।

ਹੇ ਨਾਨਕ ! (ਆਖ–ਹੇ ਭਾਈ !) ਮਾਲਕ-ਪ੍ਰਭੂ ਸਾਰੇ ਜਗਤ ਦਾ ਮੂਲ ਹੈ ਤੇ ਸਭ ਤਾਕਤਾਂ ਦਾ ਮਾਲਕ ਹੈ (ਗੁਰੂ ਦੀ ਰਾਹੀਂ ਹੀ) ਉਸ ਦੀ ਸਰਨ ਪਿਆ ਜਾ ਸਕਦਾ ਹੈ । ੪ ।

ਬੰਧਨ ਤੋੜਿ ਚਰਨ ਕਮਲ ਦ੍ਰਿੜਾਏ ਏਕ ਸਬਦਿ ਲਿਵ ਲਾਈ ॥ ੫ ॥ ਅੰਧ ਕੂਪ ਬਿਖਿਆ ਤੇ ਕਾਢਿਓ ਸਾਚ ਸਬਦਿ ਬਣਿ ਆਈ ॥ ੬ ॥

ਜਨਮ ਮਰਣ ਕਾ ਸਹਸਾ ਚੂਕਾ ਬਾਹੁੜਿ ਕਤਹੁ ਨ ਧਾਈ ॥ ੭ ॥ ਨਾਮ ਰਸਾਇਣਿ ਇਹੁ ਮਨੁ ਰਾਤਾ ਅੰਮ੍ਰਿਤੁ ਪੀ ਤ੍ਰਿਪਤਾਈ ॥ ੮ ॥ ਸੰਤ ਸੰਗਿ ਮਿਲਿ ਕੀਰਤਨੁ ਗਾਇਆ ਨਿਹਚਲ ਵਸਿਆ ਜਾਈ ॥ ੯ ॥ ਪੂਰੈ ਗੁਰਿ ਪੂਰੀ ਮਤਿ ਦੀਨੀ ਹਰਿ ਬਿਨੁ ਆਨ ਨ ਭਾਈ ॥ ੧੦ ॥ ਨਾਮੁ ਨਿਧਾਨੁ ਪਾਇਆ ਵਡਭਾਗੀ ਨਾਨਕ ਨਰਕਿ ਨ ਜਾਈ ॥ ੧੧ ॥ [ਪੰਨਾ ੯੧੫]

ਪਦ ਅਰਥ :-ਤੋੜਿ-ਤੋੜ ਕੇ। ਚਰਨ ਕਮਲ-ਪਰਮਾਤਮਾ ਦੇ ਸੋਹਣੇ ਚਰਨ। ਦ੍ਰਿੜਾਏ-(ਹਿਰਦੇ ਵਿਚ) ਪੱਕੇ ਟਿਕਾ ਦੇਂਦਾ ਹੈ। ਸਬਦਿ-ਸ਼ਬਦ ਦੀ ਰਾਹੀਂ। ਲਿਵ-ਲਗਨ। ੫।

ਕੂਪ-ਖੂਹ। ਬਿਖਿਆ-ਮਾਇਆ। ਤੇ-ਤੋਂ, ਵਿਚੋਂ। ਸਾਚ ਸਬਦਿ-ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਦੇ ਸ਼ਬਦ ਵਿਚ। ਬਨਿ ਆਈ-ਮਨ ਗਿੱਝ ਜਾਂਦਾ ਹੈ। ੬।

ਸਹਸਾ-ਸਹਿਮ। ਚੂਕਾ-ਮੁੱਕ ਜਾਂਦਾ ਹੈ। ਬਾਹੁੜਿ-ਮੁੜ, ਫਿਰ। ਕਤਹੁ-ਕਿਸੇ ਹੋਰ ਪਾਸੇ। ਧਾਈ-ਦੌੜਦਾ, ਭਟਕਦਾ। ੭।

ਰਸਾਇਣਿ-ਰਸਾਇਣ ਵਿਚ [ਰਸ-ਅਯਨ-ਰਸਾਂ ਦਾ ਘਰ, ਸਭ ਤੋਂ ਸ੍ਰੇਸ਼ਟ ਰਸ] ਸਭ ਤੋਂ ਸ੍ਰੇਸ਼ਟ ਰਸ ਵਿਚ। ਰਾਤਾ-ਰੰਗਿਆ ਜਾਂਦਾ ਹੈ। ਅੰਮ੍ਰਿਤੁ-ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਪੀ-ਪੀ ਕੇ। ਤ੍ਰਿਪਤਾਈ-ਰੱਜ ਜਾਂਦਾ ਹੈ। ੮।

ਸੰਤ ਸੰਗਿ-ਗੁਰੂ-ਸੰਤ ਦੀ ਸੰਗਤਿ ਵਿਚ। ਮਿਲਿ-ਮਿਲ ਕੇ। ਨਿਹਚਲ ਜਾਈ-ਅਟੱਲ ਰਹਿਣ ਵਾਲੀ ਥਾਂ ਵਿਚ। ੯।

ਗੁਰਿ-ਗੁਰੂ ਨੇ। ਆਨ-[अन्य] ਕੋਈ ਹੋਰ। ਭਾਈ-ਭਾਉਂਦਾ, ਚੰਗਾ ਲੱਗਦਾ। ੧੦।

ਨਿਧਾਨੁ-ਖ਼ਜ਼ਾਨਾ। ਵਡਭਾਗੀ-ਵੱਡੇ ਭਾਗਾਂ ਨਾਲ। ਨਰਕਿ-ਨਰਕ ਵਿਚ। ਨ ਜਾਈ-ਨਹੀਂ ਜਾਂਦਾ। ੧੧।

ਅਰਥ :-(ਹੇ ਭਾਈ! ਗੁਰੂ ਮਨੁੱਖ ਦੇ ਮਾਇਆ ਦੇ) ਬੰਧਨ ਤੋੜ ਕੇ (ਉਸ ਦੇ ਅੰਦਰ) ਪ੍ਰਭੂ ਦੇ ਸੋਹਣੇ ਚਰਨ ਪੱਕੇ ਟਿਕਾ ਦੇਂਦਾ ਹੈ, (ਗੁਰੂ ਦੀ ਕਿਰਪਾ ਨਾਲ ਉਹ ਮਨੁੱਖ) ਗੁਰ-ਸ਼ਬਦ ਦੀ ਰਾਹੀਂ ਇਕ ਪ੍ਰਭੂ ਵਿਚ ਹੀ ਸੁਰਤਿ ਜੋੜੀ ਰੱਖਦਾ ਹੈ। ੫।

(ਹੇ ਭਾਈ! ਗੁਰੂ ਜਿਸ ਮਨੁੱਖ ਨੂੰ) ਮਾਇਆ (ਦੇ ਮੋਹ) ਦੇ ਅੰਨ੍ਹੇ ਖੂਹ ਵਿਚੋਂ ਕੱਢ ਲੈਂਦਾ ਹੈ, ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਬਾਣੀ ਵਿਚ ਉਸ ਦੀ ਪ੍ਰੀਤ ਬਣ ਜਾਂਦੀ ਹੈ। ੬।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਉਸ ਮਨੁੱਖ ਦਾ) ਜਨਮ ਮਰਨ ਦੇ ਗੇੜ

ਦਾ ਸਹਮ ਮੁੱਕ ਜਾਂਦਾ ਹੈ, ਉਹ ਫਿਰ ਹੋਰ ਕਿਤੇ (ਕਿਸੇ ਜੂਨ ਵਿਚ) ਨਹੀਂ ਭਟਕਦਾ ਫਿਰਦਾ। ੭।

(ਹੇ ਭਾਈ! ਗੁਰੂ ਦੀ ਮਿਹਰ ਨਾਲ ਜਿਸ ਮਨੁੱਖ ਦਾ) ਇਹ ਮਨ ਸਭ ਰਸਾਂ ਤੋਂ ਸ੍ਰੇਸ਼ਟ ਨਾਮ-ਰਸ ਵਿਚ ਰੰਗਿਆ ਜਾਂਦਾ ਹੈ, ਉਹ ਮਨੁੱਖ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀ ਕੇ (ਮਾਇਆ ਦੀ ਤ੍ਰਿਸ਼ਨਾ ਵਲੋਂ) ਰੱਜ ਜਾਂਦਾ ਹੈ। ੮।

(ਹੇ ਭਾਈ!) ਗੁਰੂ-ਸੰਤ ਦੀ ਸੰਗਤਿ ਵਿਚ ਮਿਲ ਕੇ ਜਿਸ ਮਨੁੱਖ ਨੇ ਪਰਮਾਤਮਾ ਦੀ ਸਿਫਤਿ ਸਾਲਾਹ ਦਾ ਗੀਤ ਗਾਣਾ ਸ਼ੁਰੂ ਕਰ ਦਿੱਤਾ, ਉਹ ਕਦੇ ਨਾਹ ਡੋਲਣ ਵਾਲੇ ਆਤਮਕ ਟਿਕਾਣੇ ਵਿਚ ਟਿਕ ਜਾਂਦਾ ਹੈ। ੯।

(ਹੇ ਭਾਈ! ਜਿਸ ਮਨੁੱਖ ਨੂੰ) ਪੂਰੇ ਗੁਰੂ ਨੇ (ਆਤਮਕ ਜੀਵਨ ਬਾਰੇ) ਪੂਰੀ ਸਮਝ ਬਖ਼ਸ਼ ਦਿੱਤੀ, ਉਸ ਨੂੰ ਪਰਮਾਤਮਾ ਦੇ ਨਾਮ ਤੋਂ ਬਿਨਾ ਕੋਈ ਹੋਰ (ਦੁਨੀਆਵੀ ਚੀਜ਼) ਪਿਆਰੀ ਨਹੀਂ ਲੱਗਦੀ। ੧੦।

ਹੇ ਨਾਨਕ! ਜਿਸ ਭਾਗਾਂ ਵਾਲੇ ਨੇ (ਗੁਰੂ ਦੀ ਸਰਨ ਪੈ ਕੇ) ਨਾਮ-ਖ਼ਜ਼ਾਨਾ ਲੱਭ ਲਿਆ, ਉਹ (ਦੁਨੀਆ ਦੇ ਦੁੱਖਾਂ ਦੇ) ਨਰਕ ਵਿਚ ਨਹੀਂ ਪੈਂਦਾ। ੧੧।

ਘਾਲ ਸਿਆਣਪ ਉਕਤਿ ਨ ਮੇਰੀ ਪੂਰੇ ਗੁਰੂ ਕਮਾਈ ॥ ੧੨ ॥ ਜਪ ਤਪ ਸੰਜਮ ਸੁਚਿ ਹੈ ਸੋਈ ਆਪੇ ਕਰੇ ਕਰਾਈ ॥ ੧੩ ॥ ਪੁਤ੍ਰ ਕਲਤ੍ਰ ਮਹਾ ਬਿਖਿਆ ਮਹਿ ਗੁਰਿ ਸਾਚੈ ਲਾਇ ਤਰਾਈ ॥੧੪॥ ਆਪਣੇ ਜੀਅ ਤੈ ਆਪਿ ਸਮ੍ਹਾਲੇ ਆਪਿ ਲੀਏ ਲੜਿ ਲਾਈ ॥੧੫॥ ਸਾਚ ਧਰਮ ਕਾ ਬੇੜਾ ਬਾਂਧਿਆ ਭਵਜਲੁ ਪਾਰਿ ਪਵਾਈ ॥ ੧੬ ॥ ਬੇਸੁਮਾਰ ਬੇਅੰਤ ਸੁਆਮੀ ਨਾਨਕ ਬਲਿ ਬਲਿ ਜਾਈ ॥੧੭॥ [ਪੰਨਾ ੯੧੫]

ਪਦ ਅਰਥ :—ਘਾਲ—ਤਪ ਆਦਿਕਾਂ ਦੀ ਮਿਹਨਤ। ਉਕਤਿ—ਦਲੀਲ, ਯੁਕਤੀ, ਸ਼ਾਸਤ੍ਰਾਰਥ। ਪੂਰੇ ਗੁਰੂ—ਪੂਰੇ ਗੁਰੂ ਦੀ। ਕਮਾਈ—ਬਖ਼ਸ਼ਸ਼, ਖ਼ਜ਼ਾਨਾ। ੧੨।

ਸੰਜਮ—ਇੰਦ੍ਰਿਆਂ ਨੂੰ ਕਾਬੂ ਵਿਚ ਰੱਖਣ ਦੇ ਜਤਨ। ਸੁਚਿ—(ਸਰੀਰਕ ਆਦਿਕ ਬਾਹਰਲੀ) ਪਵਿੱਤ੍ਰਤਾ। ਸੋਈ—ਉਹ ਗੁਰੂ ਹੀ, ਗੁਰੂ ਦੀ ਸਰਨ ਰਹਿਣਾ ਹੀ। ਆਪੇ—(ਗੁਰੂ) ਆਪ ਹੀ। ਕਰਾਈ—ਕਰਦਾ ਹੈ। ੧੩।

ਕਲਤ੍ਰ—ਇਸਤ੍ਰੀ। ਬਿਖਿਆ—ਮਾਇਆ। ਗੁਰਿ—ਗੁਰੂ ਨੇ। ਸਾਚੈ-ਸਦਾ ਕਾਇਮ ਰਹਿਣ ਵਾਲੇ ਪਰਮਾਤਮਾ (ਦੇ ਨਾਮ) ਵਿਚ। ਲਾਇ—ਲਾ ਕੇ। ਤਰਾਈ—ਪਾਰ ਲੰਘਾਇਆ ਹੈ। ੧੪।

ਜੀਅ—(ਲਫ਼ਜ਼ 'ਜੀਉ' ਤੋਂ ਬਹੁ ਵਚਨ]। ਤੈ—(ਹੇ ਪ੍ਰਭੂ!) ਤੂੰ। ਸਮ੍ਹਾਲੇ—ਸਾਂਭ

ਕੀਤੀ ਹੋਈ ਹੈ। ਲੜਿ–ਪੱਲੇ ਨਾਲ। ੧੫।

ਸਾਚ ਧਰਮ–ਸਦਾ-ਥਿਰ ਪ੍ਰਭੂ ਦਾ ਨਾਮ ਸਿਮਰਨ-ਰੂਪ ਧਰਮ। ਬਾਂਧਿਆ–ਤਿਆਰ ਕੀਤਾ। ਭਵਜਲੁ–ਸੰਸਾਰ-ਸਮੁੰਦਰ। ੧੬।

ਬੇ-ਸੁਮਾਰ–ਜਿਸ ਦੇ ਗੁਣਾਂ ਦੀ ਗਿਣਤੀ ਨ ਹੋ ਸਕੇ [ਸ਼ੁਮਾਰ–ਗਿਣਤੀ]। ਜਾਈ –ਜਾਈਂ, ਮੈਂ ਜਾਂਦਾ ਹਾਂ। ਬਲਿ ਜਾਈ–ਮੈਂ ਸਦਕੇ ਜਾਂਦਾ ਹਾਂ। ੧੭।

ਅਰਥ :–ਹੇ ਭਾਈ ! ਤਪ ਆਦਿਕਾਂ ਦੀ ਕਿਸੇ ਮਿਹਨਤ, ਵਿੱਦਿਆ ਆਦਿਕ ਦੀ ਕਿਸੇ ਚਤੁਰਾਈ, ਕਿਸੇ ਸ਼ਾਸਤ੍ਰਾਰਥ ਦੀ ਮੈਨੂੰ ਟੇਕ-ਓਟ ਨਹੀਂ ਹੈ। ਇਹ ਤਾਂ ਪੂਰੇ ਗੁਰੂ ਦੀ ਬਖ਼ਸ਼ਸ਼ ਹੈ (ਕਿ ਉਸ ਨੇ ਮੈਨੂੰ ਪਰਮਾਤਮਾ ਦੇ ਨਾਮ ਦੀ ਦਾਤਿ ਬਖ਼ਸ਼ੀ ਹੈ)।੧੨।

ਹੇ ਭਾਈ ! ਪੂਰੇ ਗੁਰੂ ਦੀ ਸਰਨ ਪੈਣਾ ਹੀ ਮੇਰੇ ਵਾਸਤੇ ਜਪ ਤਪ ਸੰਜਮ ਅਤੇ ਸਰੀਰਕ ਪਵਿੱਤ੍ਰਤਾ ਦਾ ਸਾਧਨ ਹੈ। (ਪੂਰਾ ਗੁਰੂ) ਆਪ ਹੀ (ਮੇਰੇ ਉਤੇ ਮਿਹਰ) ਕਰਦਾ ਹੈ (ਤੇ ਮੈਥੋਂ ਪ੍ਰਭੂ ਦੀ ਸੇਵਾ ਭਗਤੀ) ਕਰਾਂਦਾ ਹੈ। ੧੩।

(ਹੇ ਭਾਈ ! ਜਿਹੜਾ ਭੀ ਮਨੁੱਖ ਗੁਰੂ ਦੀ ਸਰਨ ਪਿਆ) ਉਸ ਨੂੰ ਪੁੱਤਰ ਇਸਤ੍ਰੀ ਤੇ ਬਲ ਵਾਲੀ ਮਾਇਆ ਦੇ ਮੋਹ ਵਿਚੋਂ ਗੁਰੂ ਨੇ ਸਦਾ-ਥਿਰ ਪ੍ਰਭੂ (ਦੇ ਨਾਮ) ਵਿਚ ਜੋੜ ਕੇ ਪਾਰ ਲੰਘਾ ਲਿਆ। ੧੪।

ਹੇ ਪ੍ਰਭੂ ! (ਅਸੀ ਤੇਰੇ ਪੈਦਾ ਕੀੜੇ ਹੋਏ ਜੀਵ ਹਾਂ) ਆਪਣੇ ਪੈਦਾ ਕੀਤੇ ਜੀਵਾਂ ਦੀ ਤੂੰ ਆਪ ਹੀ ਸਦਾ ਸੰਭਾਲ ਕੀਤੀ ਹੈ, ਆਪ ਹੀ ਇਹਨਾਂ ਨੂੰ ਆਪਣੇ ਪੱਲੇ ਲਾਂਦਾ ਹੈਂ। ੧੫।

(ਹੇ ਪ੍ਰਭੂ ! ਤੇਰੀ ਮਿਹਰ ਨਾਲ ਹੀ ਜਿਨ੍ਹਾਂ ਨੇ)ਤੇਰੇ ਸਦਾ-ਥਿਰ ਨਾਮ ਦੇ ਸਿਮਰਨ ਦਾ ਜਹਾਜ਼ ਤਿਆਰ ਕਰ ਲਿਆ, ਤੂੰ ਉਹਨਾਂ ਨੂੰ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਦਿੱਤਾ। ੧੬।

ਹੇ ਨਾਨਕ! (ਆਖ–ਹੇ ਭਾਈ !) ਉਹ ਮਾਲਕ-ਪ੍ਰਭੂ ਬੇਅੰਤ-ਗੁਣਾਂ ਦਾ ਮਾਲਕ ਹੈ ਬੇਅੰਤ ਹੈ। ਮੈਂ ਉਸ ਤੋਂ ਸਦਕੇ ਜਾਂਦਾ ਹਾਂ, ਸਦਾ ਸਦਕੇ ਜਾਂਦਾ ਹਾਂ। ੧੭।

ਅਕਾਲ ਮੂਰਤਿ ਅਜੂਨੀ ਸੰਭਉ ਕਰਿ ਅੰਧਕਾਰ ਦੀਪਾਈ ॥੧੮॥
ਅੰਤਰਜਾਮੀ ਜੀਅਨ ਕਾ ਦਾਤਾ ਦੇਖਤ ਤ੍ਰਿਪਤਿ ਅਘਾਈ ॥੧੯॥
ਏਕੰਕਾਰੁ ਨਿਰੰਜਨੁ ਨਿਰਭਉ ਸਭ ਜਲਿ ਥਲਿ ਰਹਿਆ ਸਮਾਈ ॥੨੦॥
ਭਗਤਿ ਦਾਨੁ ਭਗਤਾ ਕਉ ਦੀਨਾ ਹਰਿ ਨਾਨਕੁ ਜਾਚੈ ਮਾਈ ॥੨੧॥੧॥੬॥

[ਪੰਨਾ ੯੧੬]

ਪਦ ਅਰਥ :–ਅਕਾਲ–[ਅ-ਕਾਲ। ਇਸਤ੍ਰੀ ਲਿੰਗ] ਮੌਤ ਤੋਂ ਰਹਿਤ। ਮੂਰਤਿ –ਸਰੂਪ, ਹਸਤੀ। ਅਕਾਲ ਮੂਰਤਿ–ਉਹ ਪ੍ਰਭੂ ਜਿਸ ਦੀ ਹਸਤੀ ਮੌਤ-ਰਹਿਤ ਹੈ। ਸੰਭਉ

-[ਸ੍ਵਯੰਭੁ] ਆਪਣੇ ਆਪ ਤੋਂ ਪਰਗਟ ਹੋਣ ਵਾਲਾ । ਕਲਿ-ਕਲਿਜੁਗ, ਦੁਨੀਆ, ਜਗਤ । ਅੰਧਕਾਰ-ਹਨੇਰਾ । ਦੀਪਾਈ-[ਦੀਪ-ਦੀਵਾ] ਚਾਨਣ ਕਰਦਾ ਹੈ ।੧੮।

ਅੰਤਰਜਾਮੀ-ਹਰੇਕ ਦੇ ਅੰਦਰ ਦੀ ਜਾਣਨ ਵਾਲਾ । ਦੇਖਤ-ਦਰਸਨ ਕਰਦਿਆਂ । ਤ੍ਰਿਪਤਿ ਅਘਾਈ-ਪੂਰਨ ਤੌਰ ਤੇ ਰੱਜ ਜਾਂਦਾ ਹੈ । ੧੯ ।

ਏਕੰਕਾਰੁ-ਸਰਬ-ਵਿਆਪਕ ਪ੍ਰਭੂ। ਜਲਿ-ਜਲ ਵਿਚ । ਥਲਿ-ਧਰਤੀ ਵਿਚ ।੨੦।

ਕਉ-ਨੂੰ । ਨਾਨਕੁ ਜਾਚੈ-ਨਾਨਕ ਮੰਗਦਾ ਹੈ । ਮਾਈ-ਹੇ ਮਾਂ ! ੨੧ ।

ਅਰਥ :-(ਹੇ ਭਾਈ ! ਜਿਹੜਾ) ਪਰਮਾਤਮਾ ਮੌਤ-ਰਹਿਤ ਹਸਤੀ ਵਾਲਾ ਹੈ, ਜੋ ਜੂਨਾਂ ਵਿਚ ਨਹੀਂ ਆਉਂਦਾ, ਜੋ ਆਪਣੇ ਆਪ ਤੋਂ ਪਰਗਟ ਹੁੰਦਾ ਹੈ, ਉਹ ਪ੍ਰਭੂ (ਗੁਰੂ ਦੀ) ਰਾਹੀਂ) ਜਗਤ ਦੇ (ਮਾਇਆ ਦੇ ਮੋਹ ਦੇ) ਹਨੇਰੇ ਨੂੰ (ਦੂਰ ਕਰ ਕੇ ਆਤਮਕ ਜੀਵਨ ਦਾ ਚਾਨਣ ਕਰਦਾ ਹੈ । ੧੮ ।

ਹੇ ਭਾਈ ! ਪਰਮਾਤਮਾ ਸਭ ਦੇ ਦਿਲ ਦੀ ਜਾਣਨ ਵਾਲਾ ਹੈ, ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ, (ਗੁਰੂ ਦੀ ਸਰਨ ਪੈ ਕੇ ਉਸ ਦਾ) ਦਰਸ਼ਨ ਕੀਤਿਆਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰਨ ਤੌਰ ਤੇ ਰੱਜ ਜਾਈਦਾ ਹੈ । ੧੯ ।

(ਹੇ ਭਾਈ ! ਗੁਰੂ ਦੀ ਰਾਹੀਂ ਇਹ ਸਮਝ ਪੈਂਦੀ ਹੈ ਕਿ) ਸਰਬ-ਵਿਆਪਕ ਪਰਮਾਤਮਾ ਮਾਇਆ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲਾ ਪਰਮਾਤਮਾ, ਕਿਸੇ ਤੋਂ ਭੀ ਨਾਹ ਡਰਨ ਵਾਲਾ ਪਰਮਾਤਮਾ ਜਲ ਵਿਚ ਥਲ ਵਿਚ ਹਰ ਥਾਂ ਮੌਜੂਦ ਹੈ । ੨੦ ।

ਹੇ ਮਾਂ ! (ਗੁਰੂ ਦੀ ਰਾਹੀਂ ਹੀ ਪਰਮਾਤਮਾ ਨੇ ਆਪਣੀ) ਭਗਤੀ ਦਾ ਦਾਨ (ਆਪਣੇ) ਭਗਤਾਂ ਨੂੰ (ਸਦਾ) ਦਿੱਤਾ ਹੈ । (ਦਾਸ) ਨਾਨਕ ਭੀ (ਗੁਰੂ ਦੀ ਰਾਹੀਂ ਹੀ) ਉਸ ਪਰਮਾਤਮਾ ਪਾਸੋਂ (ਇਹ ਖ਼ੈਰ) ਮੰਗਦਾ ਹੈ । ੨੧ । ੧ । ੬ ।

ਰਾਮਕਲੀ ਮਹਲਾ ੫॥ ਸਲੋਕੁ ॥ ਸਿਖਹੁ ਸਬਦੁ ਪਿਆਰਿਹੋ ਜਨਮ ਮਰਨ ਕੀ ਟੇਕ।। ਮੁਖ ਊਜਲ ਸਦਾ ਸੁਖੀ ਨਾਨਕ ਸਿਮਰਤ ਏਕ ।।੧।। ਮਨੁ ਮਨੁ ਰਾਤਾ ਰਾਮ ਪਿਆਰੇ ਹਰਿ ਪ੍ਰੇਮ ਭਗਤਿ ਬਣਿ ਆਈ ਸੰਤਹੁ ।। ੧॥ ਸਤਿਗੁਰਿ ਖੇਪ ਨਿਬਾਹੀ ਸੰਤਹੁ ॥ ਹਰਿਨਾਮੁ ਲਾਹਾ ਦਾਸ ਕਉ ਦੀਆ ਸਗਲੀ ਤ੍ਰਿਸਨ ਉਲਾਹੀ ਸੰਤਹੁ ॥੧॥ ਰਹਾਉ ॥ ਖੋਜਤ ਖੋਜਤ ਲਾਲੁ ਇਕੁ ਪਾਇਆ ਹਰਿ ਕੀਮਤਿ ਕਹਣੁ ਨ ਜਾਈ ਸੰਤਹੁ ।। ੨ ।। ਚਰਨ ਕਮਲ ਸਿਉ ਲਾਗੋ ਧਿਆਨਾ ਸਾਚੈ ਦਰਸਿ ਸਮਾਈ ਸੰਤਹੁ ।।੩।। ਗੁਣ ਗਾਵਤ ਗਾਵਤ ਭਏ ਨਿਹਾਲਾ ਹਰਿ ਸਿਮਰਤ ਤ੍ਰਿਪਤਿ ਅਘਾਈ ਸੰਤਹੁ ।। ੪ ।। ਆਤਮਰਾਮੁ ਰਵਿਆ ਸਭ ਅੰਤਰਿ ਕਤ ਆਵੈ ਕਤ ਜਾਈ ਸੰਤਹੁ ॥੫॥ਆਦਿ

ਜੁਗਾਦੀ ਹੈ ਭੀ ਹੋਸੀ ਸਭ ਜੀਆ ਕਾ ਸੁਖਦਾਈ ਸੰਤਹੁ ॥ ੬ ॥ ਆਪਿ ਬੇਅੰਤੁ ਅੰਤੁ ਨਹੀ ਪਾਈਐ ਪੂਰਿ ਰਹਿਆ ਸਭ ਥਾਈ ਸੰਤਹੁ ॥੭॥ ਮੀਤ ਸਾਜਨ ਮਾਲੁ ਜੋਬਨੁ ਸੁਤ ਹਰਿ ਨਾਨਕ ਬਾਪੁ ਮੇਰੀ ਮਾਈ ਸੰਤਹੁ ॥੮॥ ੨ ॥ ੭ ॥ [ਪੰਨਾ ੯੧੬]

ਪਦ ਅਰਥ :–ਸਬਦੁ–ਗੁਰੂ ਦਾ ਸ਼ਬਦ, ਗੁਰੂ ਦੀ ਉਚਾਰੀ ਹੋਈ ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਬਾਣੀ, ਪਰਮਾਤਮਾ ਦੀ ਸਿਫ਼ਤਿ ਸਾਲਾਹ। ਸ਼ਿਖਹੁ–ਆਦਤ ਪਕਾਓ, ਸੁਭਾਉ ਬਣਾਓ। ਪਿਆਰਿਹੋ–ਹੇ ਪਿਆਰੇ ਸਜਣੋ। ਟੇਕ–ਆਸਰਾ। ਊਜਲੁ–ਉਜਲਾ, ਬੇ-ਦਾਗ਼। ੧।

ਰਾਤਾ–ਰੰਗਿਆ ਗਿਆ। ਬਣਿ ਆਈ–ਪਰਮਾਤਮਾ ਨਾਲ ਡੂੰਘੀ ਸਾਂਝ ਬਣ ਗਈ। ੧।

ਸਤਿਗੁਰਿ–ਗੁਰੂ ਨੇ। ਖੇਪ–[ਕ੍ਸ਼ੇਪ] ਵਪਾਰ ਦਾ ਮਾਲ, ਸੇਪ, ਆਪੋ ਵਿਚ ਕੀਤਾ ਹੋਇਆ ਇਕਰਾਰ, ਸਾਂਝ। ਨਿਬਾਹੀ–ਨਿਬਾਹ ਦਿੱਤੀ, ਤੋੜ ਸਿਰੇ ਚਾੜ੍ਹ ਦਿੱਤੀ। ਸੰਤਹੁ –ਸੰਤ ਜਨੋ ! ਲਾਹਾ–ਲਾਭ, ਖੱਟੀ। ਕਉ–ਨੂੰ। ਸਗਲੀ–ਸਾਰੀ। ਉਲਾਹੀ–ਲਾਹ ਦਿੱਤੀ, ਦੂਰ ਕਰ ਦਿੱਤੀ। ੧। ਰਹਾਉ।

ਖੋਜਤ ਖੋਜਤ–ਖੋਜ ਕਰਦਿਆਂ ਕਰਦਿਆਂ। ਲਾਲੁ–ਬੜਾ ਹੀ ਕੀਮਤੀ ਪਦਾਰਥ। ੨।

ਸਿਉ–ਨਾਲ। ਚਰਨ ਕਮਲ ਸਿਉ–ਸੋਹਣੇ ਚਰਨਾਂ ਨਾਲ। ਸਾਚੈ ਦਰਸਿ–ਸਦਾ-ਥਿਰ ਪ੍ਰਭੂ ਦੇ ਦਰਸਨ ਵਿਚ। ਸਮਾਈ–ਲੀਨ ਹੋ ਗਈ। ੩।

ਨਿਹਾਲਾ–ਪ੍ਰਸੰਨ-ਚਿੱਤ। ਤ੍ਰਿਪਤਿ ਅਘਾਈ–ਪੂਰਨ ਤੌਰ ਤੇ ਰੱਜ ਗਏ। ੪।

ਆਤਮ ਰਾਮੁ–ਸਰਬ-ਵਿਆਪਕ ਪਰਮਾਤਮਾ। ਕਤ–ਕਿੱਥੇ ? ੫।

ਆਦਿ–ਸ਼ੁਰੂ ਤੋਂ ਹੀ। ਜੁਗਾਦਿ–ਜੁਗਾਂ ਦੇ ਸ਼ੁਰੂ ਤੋਂ। ਹੋਸੀ–ਸਦਾ ਲਈ ਕਾਇਮ ਰਹੇਗਾ। ੬।

ਨਹੀ ਪਾਈਐ–ਨਹੀਂ ਪਾਇਆ ਜਾ ਸਕਦਾ। ਪੂਰਿ ਰਹਿਆ–ਵਿਆਪਕ ਹੈ, ਮੌਜੂਦ ਹੈ। ੭।

ਮੀਤ–ਮਿੱਤਰ। ਮਾਲੁ–ਧਨ-ਪਦਾਰਥ। ਜੋਬਨੁ–ਜਵਾਨੀ। ਸੁਤ–ਪੁੱਤਰ। ਮਾਈ –ਮਾਂ। ੮।

ਅਰਥ :–ਹੇ ਪਿਆਰੇ ਮਿੱਤਰੋ ! ਪਰਮਾਤਮਾ ਦੀ ਸਿਫ਼ਤਿ ਸਾਲਾਹ ਕਰਨ ਦੀ ਆਦਤ ਬਣਾਓ, ਇਹ ਸਿਫ਼ਤਿ ਸਾਲਾਹ ਹੀ (ਮਨੁੱਖ ਵਾਸਤੇ) ਸਾਰੀ ਉਮਰ ਦਾ ਸਹਾਰਾ

ਹੈ। ਹੇ ਨਾਨਕ ! (ਆਖ–ਹੇ ਮਿੱਤਰੋ !) ਇਕ ਪਰਮਾਤਮਾ ਦਾ ਨਾਮ ਸਿਮਰਦਿਆਂ (ਲੋਕ ਪਰਲੋਕ ਵਿਚ) ਮੁਖ ਉਜਲਾ ਰਹਿੰਦਾ ਹੈ ਅਤੇ ਸਦਾ ਹੀ ਸੁਖੀ ਰਹੀਦਾ ਹੈ। ੧।

ਹੇ ਸੰਤ ਜਨੋ ! ਜਿਸ ਮਨੁੱਖ ਦਾ ਮਨ ਤੇ ਤਨ ਪਿਆਰੇ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗਿਆ ਰਹਿੰਦਾ ਹੈ, ਪ੍ਰਭੂ ਦੀ ਪ੍ਰੇਮਾ-ਭਗਤੀ ਦੇ ਕਾਰਨ ਪ੍ਰਭੂ ਨਾਲ ਉਸ ਦੀ ਡੂੰਘੀ ਸਾਂਝ ਬਣ ਜਾਂਦੀ ਹੈ। ੧।

ਹੇ ਸੰਤ ਜਨੋ ! ਜਿਸ ਮਨੁੱਖ ਦੀ ਪ੍ਰਭੂ ਨਾਲ ਸਾਂਝ ਗੁਰੂ ਨੇ ਸਿਰੇ ਚਾੜ੍ਹ ਦਿੱਤੀ, ਉਸ ਸੇਵਕ ਨੂੰ ਗੁਰੂ ਨੇ ਪਰਮਾਤਮਾ ਦੇ ਨਾਮ ਦਾ ਲਾਭ ਬਖ਼ਸ਼ ਦਿੱਤਾ; ਤੇ, ਇਸ ਤਰ੍ਹਾਂ ਉਸ ਦੀ ਸਾਰੀ ਮਾਇਕ ਤ੍ਰਿਸ਼ਨਾ ਮੁਕਾ ਦਿੱਤੀ। ੧। ਰਹਾਉ।

ਹੇ ਸੰਤ ਜਨੋ ! (ਗੁਰੂ ਦੀ ਸਰਨ ਪੈ ਕੇ ਖੋਜਣ ਵਾਲੇ ਨੇ) ਖੋਜ ਕਰਦਿਆਂ ਕਰਦਿਆਂ ਪਰਮਾਤਮਾ ਦਾ ਨਾਮ-ਹੀਰਾ ਲੱਭ ਲਿਆ। ਉਸ ਲਾਲ ਦਾ ਮੁੱਲ ਨਹੀਂ ਪਾਇਆ ਜਾ ਸਕਦਾ। ੨।

ਹੇ ਸੰਤ ਜਨੋ ! (ਗੁਰੂ ਦੀ ਕਿਰਪਾ ਨਾਲ ਜਿਸ ਮਨੁੱਖ ਦੀ) ਸੁਰਤਿ ਪ੍ਰਭੂ ਦੇ ਸੋਹਣੇ ਚਰਨਾਂ ਵਿਚ ਜੁੜ ਗਈ, ਸਦਾ-ਥਿਰ ਪ੍ਰਭੂ ਦੇ ਦਰਸ਼ਨ ਵਿਚ ਉਸ ਦੀ ਸਦਾ ਲਈ ਲੀਨਤਾ ਹੋ ਗਈ। ੩।

ਹੇ ਸੰਤ ਜਨੋ ! ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਿਆਂ ਗਾਂਦਿਆਂ ਤਨੋ ਮਨੋ ਖਿੜ ਜਾਈਦਾ ਹੈ, ਪਰਮਾਤਮਾ ਦਾ ਸਿਮਰਨ ਕਰਦਿਆਂ (ਮਾਇਆ ਦੀ ਤ੍ਰਿਸ਼ਨਾ ਵਲੋਂ) ਪੂਰੇ ਤੌਰ ਤੇ ਰੱਜ ਜਾਈਦਾ ਹੈ। ੪।

ਹੇ ਸੰਤ ਜਨੋ ! (ਗੁਰੂ ਦੀ ਸਰਨ ਪੈ ਕੇ ਜਿਸ ਮਨੁੱਖ ਨੂੰ) ਸਰਬ-ਵਿਆਪਕ ਪਰਮਾਤਮਾ ਸਭ ਜੀਵਾਂ ਦੇ ਅੰਦਰ ਵੱਸਦਾ ਦਿੱਸ ਪੈਂਦਾ ਹੈ, ਉਸ ਦਾ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ। ੫।

ਹੇ ਸੰਤ ਜਨੋ ! (ਗੁਰੂ ਨੇ ਜਿਸ ਮਨੁੱਖ ਦੀ ਖੇਪ ਤੋੜ ਸਿਰੇ ਚਾੜ੍ਹ ਦਿੱਤੀ, ਉਸ ਨੂੰ ਇਹ ਦਿੱਸ ਪੈਂਦਾ ਹੈ ਕਿ) ਪਰਮਾਤਮਾ ਸਭ ਦਾ ਮੁੱਢ ਹੈ, ਪਰਮਾਤਮਾ ਜੁਗਾਂ ਦੇ ਸ਼ੁਰੂ ਤੋਂ ਹੈ, ਪਰਮਾਤਮਾ ਇਸ ਵੇਲੇ ਭੀ ਮੌਜੂਦ ਹੈ, ਪਰਮਾਤਮਾ ਸਦਾ ਲਈ ਕਾਇਮ ਰਹੇਗਾ। ਉਹ ਪਰਮਾਤਮਾ ਸਭ ਜੀਵਾਂ ਨੂੰ ਸੁਖ ਦੇਣ ਵਾਲਾ ਹੈ। ੬।

ਹੇ ਸੰਤ ਜਨੋ ! ਪਰਮਾਤਮਾ ਬੇਅੰਤ ਹੈ, ਉਸ ਦੇ ਗੁਣਾਂ ਦਾ ਅਖ਼ੀਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ। ਉਹ ਪ੍ਰਭੂ ਸਭਨੀਂ ਥਾਈਂ ਵਿਆਪਕ ਹੈ। ੭।

ਹੇ ਨਾਨਕ ! (ਆਖ–) ਹੇ ਸੰਤ ਜਨੋ ! ਉਹ ਪਰਮਾਤਮਾ ਹੀ ਮੇਰਾ ਮਿੱਤਰ ਹੈ, ਮੇਰਾ ਸੱਜਣ ਹੈ, ਮੇਰਾ ਧਨ-ਮਾਲ ਹੈ, ਮੇਰਾ ਜੋਬਨ ਹੈ, ਮੇਰਾ ਪੁੱਤਰ ਹੈ, ਮੇਰਾ ਪਿਉ ਹੈ, ਮੇਰੀ ਮਾਂ ਹੈ (ਇਹਨੀਂ ਸਭਨੀਂ ਥਾਈਂ ਮੈਨੂੰ ਪਰਮਾਤਮਾ ਦਾ ਹੀ ਸਹਾਰਾ ਹੈ)। ੮। ੨। ੭।

ਰਾਮਕਲੀ ਮਹਲਾ ੫ ॥ ਮਨ ਬਚ ਕ੍ਰਮਿ ਰਾਮ ਰਾਮੁ ਚਿਤਾਰੀ ॥ ਘੂਮਨਘੇਰਿ ਮਹਾ ਅਤਿ ਬਿਖੜੀ ਗੁਰਮੁਖਿ ਨਾਨਕ ਪਾਰਿ ਉਤਾਰੀ ॥੧॥ ਰਹਾਉ ॥ ਅੰਤਰਿ ਸੂਖਾ ਬਾਹਰਿ ਸੂਖਾ ਹਰਿ ਜਪਿ ਮਲਨ ਭਏ ਦੁਸਟਾਰੀ ॥ ੧ ॥ ਜਿਸ ਤੇ ਲਾਗੇ ਤਿਨਹਿ ਨਿਵਾਰੇ ਪ੍ਰਭ ਜੀਉ ਅਪਣੀ ਕਿਰਪਾ ਧਾਰੀ ॥ ੨ ॥ ਉਧਰੇ ਸੰਤ ਪਰੇ ਹਰਿ ਸਰਨੀ ਪਚਿ ਬਿਨਸੇ ਮਹਾ ਅਹੰਕਾਰੀ ॥੩॥ ਸਾਧੂ ਸੰਗਤਿ ਇਹੁ ਫਲੁ ਪਾਇਆ ਇਕੁ ਕੇਵਲ ਨਾਮੁ ਅਧਾਰੀ ॥ ੪ ॥ ਨ ਕੋਈ ਸੂਰੁ ਨ ਕੋਈ ਹੀਣਾ ਸਭ ਪ੍ਰਗਟੀ ਜੋਤਿ ਤੁਮ੍ਾਰੀ ॥੫॥ ਤੁਮ੍ ਸਮਰਥ ਅਕਥ ਅਗੋਚਰ ਰਵਿਆ ਏਕੁ ਮੁਰਾਰੀ ॥ ੬ ॥ ਕੀਮਤਿ ਕਉਣੁ ਕਰੇ ਤੇਰੀ ਕਰਤੇ ਪ੍ਰਭ ਅੰਤੁ ਨ ਪਾਰਾਵਾਰੀ ॥ ੭ ॥ ਨਾਮ ਦਾਨੁ ਨਾਨਕ ਵਡਿਆਈ ਤੇਰਿਆ ਸੰਤ ਜਨਾ ਰੇਣਾਰੀ ॥੮॥੩॥੮॥੨੨॥ [ਪੰਨਾ ੯੧੬]

ਪਦ ਅਰਥ :–ਮਨ ਬਚ ਕ੍ਰਮਿ–ਮਨ ਦੀ ਰਾਹੀਂ, ਬੋਲ ਦੀ ਰਾਹੀਂ ਅਤੇ ਕੰਮ ਦੀ ਰਾਹੀਂ । ਚਿਤਾਰੀ–ਚਿਤਾਰਿ, ਚੇਤੇ ਕਰਦਾ ਰਹੁ । ਘੂਮਨਘੇਰਿ–(ਵਿਕਾਰਾਂ ਦੀਆਂ ਲਹਿਰਾਂ ਦਾ)ਚੱਕਰ । ਗੁਰਮੁਖਿ–ਗੁਰੂ ਦੀ ਸਰਨ ਪੈ ਕੇ । ਪਾਰਿ ਉਤਾਰੀ–ਪਾਰਿ ਉਤਾਰਿ, (ਆਪਣੀ ਜੀਵਨ-ਬੇੜੀ ਨੂੰ) ਪਾਰ ਲੰਘਾ । ੧ । ਰਹਾਉ ।

ਅੰਤਰਿ–ਹਿਰਦੇ ਵਿਚ । ਸੂਖਾ–ਸੁਖ । ਬਾਹਰਿ–ਦੁਨੀਆ ਦਾ ਕਾਰ-ਵਿਹਾਰ ਕਰਦਿਆਂ । ਜਪਿ–ਜਪ ਕੇ । ਮਲਨ ਮਏ–ਮਲੇ ਜਾਂਦੇ ਹਨ [ਲਫ਼ਜ਼ 'ਮਲਨ' ਅਤੇ 'ਮਲਿਨ' ਦਾ ਫ਼ਰਕ ਚੇਤੇ ਰੱਖੋ । ਮਲਿਨ–ਮਲੀਨ] । ਦੁਸਟਾਰੀ–[ਦੁਸਟ-ਅਰੀ] ਭੈੜੇ(ਕਾਮਾਦਿਕ) ਵੈਰੀ । ੧ ।

ਜਿਸ ਤੇ–ਜਿਸ (ਪਰਮਾਤਮਾ) ਤੋਂ [ਸੰਬੰਧਕ 'ਤੇ' ਦੇ ਕਾਰਨ ਲਫ਼ਜ਼ 'ਜਿਸੁ' ਦਾ ਉੱਡ ਗਿਆ ਹੈ] । ਲਾਗੇ–ਚੰਬੜੇ । ਤਿਨਹਿ–[ਤਿਨਿ ਹੀ] ਉਸ (ਪ੍ਰਭੂ) ਨੇ ਹੀ । ਧਾਰੀ–ਧਾਰਿ, ਧਾਰ ਕੇ, ਕਰ ਕੇ । ੨ ।

ਉਧਰੇ -(ਘੁਮਣ ਘੇਰੀ ਵਿਚੋਂ) ਬਚ ਗਏ । ਪਰੇ–ਪੜੇ,ਪਏ । ਪਚਿ–ਸੜ ਕੇ ।੩।

ਸਾਧੂ–ਗੁਰੂ । ਅਧਾਰੀ–ਆਸਰਾ । ੪ ।

ਸੂਰੁ–ਸੂਰਮਾ । ਹੀਣਾ–ਕਮਜ਼ੋਰ, ਲਿੱਸਾ । ਸਭ–ਹਰ ਥਾਂ । ੫ ।

ਸਮਰਥ–ਸਭ ਤਾਕਤਾਂ ਦਾ ਮਾਲਕ । ਅਕਥ–ਜਿਸ ਦੇ ਗੁਣ ਬਿਆਨ ਨਾਂਹ ਕੀਤੇ ਜਾ ਸਕਣ । ਅਗੋਚਰ–[ਅ-ਗੋ-ਚਰ ਗੋ–ਗਿਆਨ-ਇੰਦ੍ਰੇ । ਚਰ–ਪਹੁੰਚ] । ਜਿਸ ਤਕ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ ਹੋ ਸਕਦੀ । ਰਵਿਆ–ਵਿਆਪਕ । ਮੁਰਾਰੀ–[ਮੁਰ-ਅਰਿ] ਪਰਮਾਤਮਾ । ੬ ।

ਕਰਤੇ–ਹੇ ਕਰਤਾਰ ! ਪਾਰਾਵਾਰੀ–ਪਾਰ-ਅਵਾਰ, ਪਾਰਲਾ ਉਰਲਾ ਬੰਨਾ ।੭।

ਰੇਣਾਰੀ–ਚਰਨ-ਧੂੜ । ੮ ।

ਅਰਥ :—ਹੇ ਭਾਈ ! ਆਪਣੇ ਮਨ ਦੀ ਰਾਹੀਂ, ਆਪਣੇ ਹਰੇਕ ਬੋਲ ਦੀ ਰਾਹੀਂ, ਆਪਣੇ ਹਰੇਕ ਕੰਮ ਦੀ ਰਾਹੀਂ ਪਰਮਾਤਮਾ ਦਾ ਨਾਮ ਚੇਤੇ ਰੱਖਿਆ ਕਰ। ਹੇ ਨਾਨਕ ! (ਆਖ—ਹੇ ਭਾਈ ! ਜਗਤ ਵਿਚ ਵਿਕਾਰਾਂ ਦੀਆਂ ਲਹਿਰਾਂ ਦੀ) ਬੜੀ ਭਿਆਨਕ ਘੁੰਮਣਘੇਰੀ ਹੈ। ਗੁਰੂ ਦੀ ਸਰਨ ਪੈ ਕੇ (ਇਸ ਵਿਚੋਂ ਆਪਣੀ ਜ਼ਿੰਦਗੀ ਦੀ ਬੇੜੀ ਨੂੰ) ਪਾਰ ਲੰਘਾ। ੧।

ਹੇ ਭਾਈ ! ਪਰਮਾਤਮਾ ਦਾ ਨਾਮ ਜਪ ਜਪ ਕੇ (ਕਾਮਾਦਿਕ) ਚੰਦਰੇ ਵੈਰੀ ਮਲੇ-ਦਲੇ ਜਾਂਦੇ ਹਨ, (ਤਦੋਂ) ਹਿਰਦੇ ਵਿਚ ਸਦਾ ਸੁਖ ਬਣਿਆ ਰਹਿੰਦਾ ਹੈ, ਦੁਨੀਆ ਨਾਲ ਵਰਤਦਿਆਂ ਭੀ ਸੁਖ ਹੀ ਟਿਕਿਆ ਰਹਿੰਦਾ ਹੈ। ੧।

ਹੇ ਭਾਈ ! ਜਿਸ ਪ੍ਰਭੂ ਦੀ ਰਜ਼ਾ ਅਨੁਸਾਰ (ਇਹ ਚੰਦਰੇ ਵੈਰੀ) ਚੰਬੜਦੇ ਹਨ, ਉਹੀ ਪ੍ਰਭੂ ਜੀ ਆਪਣੀ ਕਿਰਪਾ ਕਰ ਕੇ ਇਹਨਾਂ ਨੂੰ ਦੂਰ ਕਰਦਾ ਹੈ। ੨।

ਹੇ ਭਾਈ ! ਸੰਤ ਜਨ ਤਾਂ ਪਰਮਾਤਮਾ ਦੀ ਸਰਨ ਪੈ ਜਾਂਦੇ ਹਨ ਉਹ ਤਾਂ (ਇਹਨਾਂ ਵੈਰੀਆਂ ਦੀ ਮਾਰ ਤੋਂ) ਬਚ ਜਾਂਦੇ ਹਨ, ਪਰ ਵੱਡੇ ਅਹੰਕਾਰੀ ਮਨੁੱਖ (ਇਹਨਾਂ ਵਿਚ) ਸੜ ਕੇ ਆਤਮਕ ਮੌਤੇ ਮਰ ਜਾਂਦੇ ਹਨ। ੩।

ਹੇ ਭਾਈ ! (ਸੰਤ ਜਨਾਂ ਨੇ) ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰਮਾਤਮਾ ਦਾ ਨਾਮ-ਫਲ ਲੱਭ ਲਿਆ, ਸਿਰਫ਼ ਹਰਿ-ਨਾਮ ਨੂੰ ਉਹਨਾਂ ਆਪਣੀ ਜ਼ਿੰਦਗੀ ਦਾ ਆਸਰਾ ਬਣਾਇਆ। ੪।

ਪਰ, ਹੇ ਪ੍ਰਭੂ ! (ਆਪਣੇ ਆਪ ਵਿਚ) ਨਾਂਹ ਕੋਈ ਜੀਵ ਸੂਰਮਾ ਹੈ ਨਾਹ ਕੋਈ ਲਿੱਸਾ ਹੈ। ਹਰ ਇਕ ਜੀਵ ਵਿਚ ਤੇਰੀ ਹੀ ਜੋਤਿ ਪਰਗਟ ਹੋ ਰਹੀ ਹੈ। ੫।

ਹੇ ਪ੍ਰਭੂ ! ਤੂੰ ਸਭ ਤਾਕਤਾਂ ਦਾ ਮਾਲਕ ਹੈਂ, ਤੇਰੀਆਂ ਤਾਕਤਾਂ ਬਿਆਨ ਤੋਂ ਪਰੇ ਹਨ, ਗਿਆਨ-ਇੰਦ੍ਰਿਆਂ ਦੀ ਰਾਹੀਂ ਤੇਰੇ ਤਕ ਪਹੁੰਚ ਨਹੀਂ ਹੋ ਸਕਦੀ। ਹੇ ਪ੍ਰਭੂ ! ਤੂੰ ਆਪ ਸਭ ਜੀਵਾਂ ਵਿਚ ਵਿਆਪਕ ਹੈਂ। ੬।

ਹੇ ਕਰਤਾਰ ! ਹੇ ਪ੍ਰਭੂ ! ਕੋਈ ਜੀਵ ਤੇਰੀ ਕੀਮਤ ਨਹੀਂ ਪਾ ਸਕਦਾ। ਤੇਰਾ ਅੰਤ ਤੇਰਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ। ੭।

ਹੇ ਨਾਨਕ ! (ਆਖ—ਹੇ ਪ੍ਰਭੂ !) ਤੇਰੇ ਸੰਤ ਜਨਾਂ ਦੀ ਚਰਨ-ਧੂੜ ਲਿਆਂ ਤੇਰੇ ਨਾਮ ਦੀ ਦਾਤਿ ਮਿਲਦੀ ਹੈ, (ਲੋਕ ਪਰਲੋਕ ਵਿਚ) ਇੱਜ਼ਤ ਮਿਲਦੀ ਹੈ।੮।੩।੮।੨੨।

ਅਸਟਪਦੀਆਂ ਮਹਲਾ ੧—੯
੩—੫
੫—੮
ਜੋੜ—————
੨੨

ੴ ਸਤਿਗੁਰ ਪ੍ਰਸਾਦਿ ॥

ਰਾਮਕਲੀ ਮਹਲਾ ੩ ਅਨੰਦੁ

ਪਉੜੀ-ਵਾਰ ਭਾਵ—

੧. ਗੁਰੂ ਪਾਸੋਂ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਦਾਤਿ ਮਿਲਦੀ ਹੈ, ਤੇ, ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮਨੁੱਖ ਦੇ ਮਨ ਵਿਚ ਆਤਮਕ ਆਨੰਦ (ਪੂਰਨ ਖਿੜਾਉ) ਪੈਦਾ ਹੋ ਜਾਂਦਾ ਹੈ।

੨. ਜਿਹੜਾ ਮਨੁੱਖ ਪਰਮਾਤਮਾ ਦੀ ਯਾਦ ਵਿਚ ਜੁੜਿਆ ਰਹਿੰਦਾ ਹੈ, ਪਰਮਾਤਮਾ ਉਸ ਦੇ ਸਾਰੇ ਦੁੱਖ ਦੂਰ ਕਰ ਦੇਂਦਾ ਹੈ, ਉਸ ਦੇ ਸਾਰੇ ਕੰਮ ਸੰਵਾਰਦਾ ਹੈ। ਉਹ ਮਨੁੱਖ ਸਾਰੇ ਕੰਮ ਕਰਨ-ਜੋਗਾ ਹੈ।

੩. ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ, ਉਹ ਮਨੁੱਖ ਪਰਮਾਤਮਾ ਦੀ ਸਿਫ਼ਤਿ-ਸਾਲਾਹ ਪਰਮਾਤਮਾ ਦਾ ਨਾਮ ਆਪਣੇ ਮਨ ਵਿਚ ਵਸਾਂਦਾ ਹੈ। ਨਾਮ ਦੀ ਬਰਕਤਿ ਨਾਲ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਹੋਇਆ ਰਹਿੰਦਾ ਹੈ।

੪. ਗੁਰੂ ਦੀ ਮਿਹਰ ਨਾਲ ਪਰਮਾਤਮਾ ਦਾ ਨਾਮ ਮਿਲਦਾ ਹੈ। ਪਰਮਾਤਮਾ ਦਾ ਨਾਮ ਜਿਸ ਮਨੁੱਖ ਦੀ ਜ਼ਿੰਦਗੀ ਦਾ ਆਸਰਾ ਬਣ ਜਾਂਦਾ ਹੈ, ਉਸ ਦੇ ਅੰਦਰੋਂ ਮਾਇਆ ਦੇ ਸਾਰੇ ਲਾਲਚ ਦੂਰ ਹੋ ਜਾਂਦੇ ਹਨ, ਅਤੇ ਉਸ ਦੇ ਅੰਦਰ ਸ਼ਾਂਤੀ ਪੈਦਾ ਹੋ ਜਾਂਦੀ ਹੈ, ਆਤਮਕ ਆਨੰਦ ਪੈਦਾ ਹੋ ਜਾਂਦਾ ਹੈ।

੫. ਪਰਮਾਤਮਾ ਧੁਰ ਦਰਗਾਹ ਤੋਂ ਜਿਨ੍ਹਾਂ ਮਨੁੱਖਾਂ ਦੇ ਭਾਗਾਂ ਵਿਚ ਨਾਮ ਸਿਮਰਨ ਦਾ ਲੇਖ ਲਿਖ ਦੇਂਦਾ ਹੈ, ਉਹ ਮਨੁੱਖ ਨਾਮ ਵਿਚ ਜੁੜਦੇ ਹਨ। ਨਾਮ ਦੀ ਬਰਕਤਿ ਨਾਲ ਕਾਮਾਦਿਕ ਪੰਜੇ ਵੈਰੀ ਉਹਨਾਂ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੀ। ਇਸ ਤਰ੍ਹਾਂ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ।

੬. ਜੇ ਮਨੁੱਖ ਦੇ ਮਨ ਵਿਚ ਪਰਮਾਤਮਾ ਦੇ ਚਰਨਾਂ ਦਾ ਪਿਆਰ ਨਾਹ ਬਣੇ, ਤਾਂ ਇਹ ਸਦਾ ਮਾਇਆ ਦੇ ਪ੍ਰਭਾਵ ਵਿਚ ਦੁਖੀ ਜਿਹਾ ਹੀ ਰਹਿੰਦਾ ਹੈ। ਮਨੁੱਖ ਦੇ ਸਾਰੇ ਗਿਆਨ-ਇੰਦ੍ਰੇ ਮਾਇਆ ਦੀ ਦੌੜ-ਭੱਜ ਵਿਚ ਲੱਗੇ ਰਹਿੰਦੇ ਹਨ। ਪਰਮਾਤਮਾ ਆਪ ਕਿਰਪਾ ਕਰੇ, ਤਾਂ ਗੁਰੂ ਦੇ ਸ਼ਬਦ ਵਿਚ ਲੱਗ ਕੇ ਇਹ ਸੁਧਰ ਜਾਂਦਾ ਹੈ।

੭. ਜਿਸ ਮਨੁੱਖ ਨੂੰ ਅਸਲ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਉਸ ਦਾ ਜੀਵਨ ਇਤਨਾ ਪਿਆਰ ਵਾਲਾ ਬਣ ਜਾਂਦਾ ਹੈ ਕਿ ਉਹ ਸਦਾ ਮਿੱਠ-ਬੋਲਾ ਰਹਿੰਦਾ ਹੈ। ਇਹ

ਆਤਮਕ ਆਨੰਦ ਗੁਰੂ ਤੋਂ ਹੀ ਮਿਲਦਾ ਹੈ। ਗੁਰੂ ਉਸ ਮਨੁੱਖ ਦੇ ਅੰਦਰੋਂ ਸਾਰੇ ਵਿਕਾਰ ਦੂਰ ਕਰ ਦੇਂਦਾ ਹੈ, ਤੇ, ਉਸ ਨੂੰ ਆਤਮਕ ਆਨੰਦ ਦੀ ਸਮਝ ਬਖ਼ਸ਼ਦਾ ਹੈ।

੮. ਆਪਣੇ ਉੱਦਮ ਨਾਲ ਕੋਈ ਪ੍ਰਾਣੀ ਆਤਮਕ ਆਨੰਦ ਨਹੀਂ ਮਾਣ ਸਕਦਾ, ਕਿਉਂਕਿ ਮਾਇਆ ਦੇ ਟਾਕਰੇ ਤੇ ਕਿਸੇ ਦੀ ਪੇਸ਼ ਨਹੀਂ ਜਾ ਸਕਦੀ। ਜਿਨ੍ਹਾਂ ਉਤੇ ਪਰਮਾਤਮਾ ਮਿਹਰ ਕਰਦਾ ਹੈ, ਉਹਨਾਂ ਨੂੰ ਗੁਰੂ ਮਿਲਾਂਦਾ ਹੈ। ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਉਹ ਵਿਕਾਰਾਂ ਵਲੋਂ ਬਚਦੇ ਹਨ, ਤੇ, ਹਰਿ-ਨਾਮ ਵਿਚ ਜੁੜਦੇ ਹਨ। ਉਹਨਾਂ ਦੇ ਅੰਦਰ ਸਦਾ ਸ਼ਾਂਤੀ ਤੇ ਠੰਢ ਹੀ ਬਣੀ ਰਹਿੰਦੀ ਹੈ।

੯. ਆਤਮਕ ਆਨੰਦ ਦੇ ਦਾਤੇ ਪਰਮਾਤਮਾ ਦੇ ਮਿਲਾਪ ਦਾ ਇਕੋ ਇਕ ਰਸਤਾ ਹੈ, ਉਹ ਇਹ ਹੈ ਕਿ ਮਨੁੱਖ ਆਪਣਾ-ਆਪ ਗੁਰੂ ਦੇ ਹਵਾਲੇ ਕਰ ਦੇਵੇ। ਬੱਸ! ਗੁਰੂ ਦੇ ਦੱਸੇ ਹੋਏ ਰਸਤੇ ਉਤੇ ਤੁਰੇ, ਅਤੇ ਪਰਮਾਤਮਾ ਦੀ ਸਿਫਤਿ-ਸਾਲਾਹ ਦੇ ਗੀਤ ਗਾਂਦਾ ਰਹੇ। ਅੰਦਰ ਆਨੰਦ ਹੀ ਆਨੰਦ ਬਣਿਆ ਰਹੇਗਾ।

੧੦. ਜੇ ਮਨੁੱਖ ਅੰਦਰੋਂ ਮਾਇਆ ਦੇ ਮੋਹ ਵਿਚ ਫਸਿਆ ਰਹੇ, ਤੇ, ਬਾਹਰੋਂ ਨਿਰੀਆਂ ਚਤੁਰਾਈ ਦੀਆਂ ਗੱਲਾਂ ਨਾਲ ਆਤਮਕ ਆਨੰਦ ਦੀ ਪ੍ਰਾਪਤੀ ਚਾਹੇ, ਇਹ ਨਹੀਂ ਹੋ ਸਕਦਾ।

੧੧. ਸਦਾ ਦੇ ਆਨੰਦ ਦੀ ਪ੍ਰਾਪਤੀ ਦਾ ਇਕੋ ਇਕ ਤਰੀਕਾ ਹੈ ਕਿ ਮਨੁੱਖ ਦੁਨੀਆ ਵਾਲੇ ਮੋਹ ਵਿਚ ਫਸੇ ਰਹਿਣ ਦੇ ਥਾਂ ਆਪਣੇ ਮਨ ਵਿਚ ਪਰਮਾਤਮਾ ਦੀ ਯਾਦ ਵਸਾਈ ਰੱਖੇ। ਬੱਸ! ਇਹੀ ਹੈ ਗੁਰੂ ਦੀ ਸਿੱਖਿਆ ਜੋ ਕਦੇ ਭੁਲਾਣੀ ਨਹੀਂ ਚਾਹੀਦੀ।

੧੨. ਆਤਮਕ ਆਨੰਦ ਦੀ ਪ੍ਰਾਪਤੀ ਵਾਸਤੇ ਸਦਾ ਪ੍ਰਭੂ ਦੇ ਦਰ ਤੇ ਇਉਂ ਅਰ-ਦਾਸ ਕਰਦੇ ਰਹਿਣਾ ਚਾਹੀਦਾ ਹੈ—ਹੇ ਪ੍ਰਭੂ! ਤੂੰ ਬੇਅੰਤ ਹੈਂ, ਹਰੇਕ ਜੀਵ ਦੇ ਅੰਦਰ ਤੂੰ ਹੀ ਬੋਲ ਰਿਹਾ ਹੈਂ, ਹਰੇਕ ਜੀਵ ਦੀ ਤੂੰ ਹੀ ਸੰਭਾਲ ਕਰ ਰਿਹਾ ਹੈਂ।

੧੩. ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ ਉਸ ਨੂੰ ਗੁਰੂ ਮਿਲਦਾ ਹੈ। ਗੁਰੂ ਪਾਸੋਂ ਉਸ ਨੂੰ ਆਤਮਕ ਆਨੰਦ ਦੇਣ ਵਾਲਾ ਨਾਮ-ਜਲ ਮਿਲਦਾ ਹੈ। ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ। ਉਸ ਦੇ ਅੰਦਰੋਂ ਲੱਬ ਲੋਭ ਅਹੰਕਾਰ ਆਦਿਕ ਸਾਰੇ ਵਿਕਾਰ ਦੂਰ ਹੋ ਜਾਂਦੇ ਹਨ।

੧੪. ਆਤਮਕ ਆਨੰਦ ਮਾਣਨ ਵਾਲਿਆਂ ਦੀ ਜੀਵਨ-ਜੁਗਤੀ ਦੁਨੀਆ ਦੇ ਲੋਕਾਂ ਨਾਲੋਂ ਵੱਖਰੀ ਹੁੰਦੀ ਹੈ। ਉਹ ਵਿਕਾਰਾਂ ਤੋਂ ਬਚੇ ਰਹਿੰਦੇ ਹਨ, ਉਹ ਆਪਣੀ ਸੋਭਾ ਨਹੀਂ ਲੋੜਦੇ। ਪਰ ਇਸ ਰਸਤੇ ਉਤੇ ਤੁਰਨਾ ਬਹੁਤ ਹੀ ਔਖਾ ਹੈ। ਗੁਰੂ ਦੀ ਹੀ ਮਿਹਰ ਹੋਵੇ ਤਾਂ ਆਪਾ-ਭਾਵ ਮੁਕਾਇਆ ਜਾ ਸਕਦਾ ਹੈ।

੧੫. ਆਤਮਕ ਆਨੰਦ ਦੀ ਦਾਤਿ ਨਿਰੋਲ ਪਰਮਾਤਮਾ ਦੇ ਆਪਣੇ ਹੱਥ ਵਿਚ ਹੈ।

ਜਿਸ ਮਨੁੱਖ ਨੂੰ ਮਿਹਰ ਕਰ ਕੇ ਪਰਮਾਤਮਾ ਆਪਣਾ ਨਾਮ ਸਿਮਰਨ ਵਲ ਪ੍ਰੇਰਦਾ ਹੈ, ਉਹ ਮਨੁੱਖ ਗੁਰੂ ਦੇ ਦਰ ਤੇ ਪਹੁੰਚ ਕੇ ਸਿਮਰਨ ਦੀ ਬਰਕਤਿ ਨਾਲ ਆਤਮਕ ਆਨੰਦ ਮਾਣਦਾ ਹੈ।

੧੬. ਸਤਿਗੁਰੂ ਦੀ ਬਾਣੀ ਹੀ ਆਤਮਕ ਆਨੰਦ ਪ੍ਰਾਪਤ ਕਰਨ ਦਾ ਵਸੀਲਾ ਹੈ। ਪਰ ਗੁਰਬਾਣੀ ਉਹਨਾਂ ਦੇ ਹੀ ਹਿਰਦੇ ਵਿਚ ਵੱਸਦੀ ਹੈ ਜਿਨ੍ਹਾਂ ਦੇ ਭਾਗਾਂ ਵਿਚ ਧੁਰੋਂ ਇਹ ਲੇਖ ਲਿਖਿਆ ਹੁੰਦਾ ਹੈ।

੧੭. ਗੁਰੂ ਦੀ ਸਰਨ ਪੈ ਕੇ ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹਨਾਂ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ ਜਿਸ ਦੀ ਬਰਕਤਿ ਨਾਲ ਮਾਇਆ ਵਾਲੇ ਹੋਛੇ ਰਸ ਉਹਨਾਂ ਨੂੰ ਖਿੱਚ ਨਹੀਂ ਪਾ ਸਕਦੇ। ਉਹਨਾਂ ਦਾ ਜੀਵਨ ਉੱਚਾ ਹੋ ਜਾਂਦਾ ਹੈ, ਤੇ, ਉਹਨਾਂ ਦੀ ਲਾਗ ਨਾਲ ਹੋਰਨਾਂ ਦਾ ਆਚਰਨ ਭੀ ਪਵਿੱਤਰ ਹੋ ਜਾਂਦਾ ਹੈ।

੧੮. ਮਾਇਆ ਦੇ ਮੋਹ ਵਿਚ ਫਸੇ ਰਿਹਾਂ ਮਨ ਵਿਚ ਤੌਖ਼ਲਾ-ਸਹਿਮ ਬਣਿਆ ਰਹਿੰਦਾ ਹੈ। ਇਸ ਤੌਖ਼ਲੇ-ਸਹਿਮ ਦਾ ਇਲਾਜ ਹੈ ਆਤਮਕ ਆਨੰਦ ਤੇ, ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਗੁਰੂ ਦੀ ਕਿਰਪਾ ਨਾਲ। ਸੋ, ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜੀ ਰੱਖੋ ਤੇ, ਪਰਮਾਤਮਾ ਦੀ ਯਾਦ ਵਿਚ ਸਦਾ ਜੁੜੇ ਰਹੋ।

੧੯. ਨਿਰੇ ਬਾਹਰੋਂ ਧਾਰਮਿਕ ਦਿੱਸਦੇ ਕਰਮ ਕਰਨ ਨਾਲ ਮਨ ਦੀ ਵਿਕਾਰਾਂ ਦੀ ਮੈਲ ਟਿਕੀ ਰਹਿੰਦੀ ਹੈ, ਮਨ ਨੂੰ ਮਾਇਆ ਦੇ ਮੋਹ ਦਾ ਰੋਗ ਚੰਬੜਿਆ ਰਹਿੰਦੀ ਹੈ। ਜਿਥੇ ਰੋਗ ਹੈ ਉਥੇ ਆਨੰਦ ਕਿੱਥੇ ? ਸੋ, ਸਦਾ ਹਰਿ-ਨਾਮ ਸਿਮਰਦੇ ਰਹੋ। ਇਹੀ ਹੈ ਮਨ ਦੀ ਅਰੋਗਤਾ ਦਾ ਵਸੀਲਾ, ਤੇ ਆਤਮਕ ਆਨੰਦ ਦੇਣ ਵਾਲਾ।

੨੦. ਮਨੁੱਖ ਜਗਤ ਵਿਚ ਆਤਮਕ ਆਨੰਦ ਦਾ ਵੱਖਰ ਵਿਹਾਝਣ ਆਉਂਦਾ ਹੈ। ਜਿਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ, ਮਾਇਆ ਦਾ ਮੋਹ ਉਸ ਦੇ ਨੇੜੇ ਨਹੀਂ ਢੁਕਦਾ। ਉਸ ਦਾ ਮਨ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ। ਬਾਹਰ ਦੁਨੀਆ ਨਾਲ ਭੀ ਉਸ ਦਾ ਵਰਤਾਰਾ ਸੁਚੱਜਾ ਹੁੰਦਾ ਹੈ। ਉਸ ਦੀ ਜ਼ਿੰਦਗੀ ਕਾਮਯਾਬ ਸਮਝੋ।

੨੧. ਉਹ ਮਨੁੱਖ ਖਿੜੇ-ਮੱਥੇ ਰਹਿ ਸਕਦਾ ਹੈ, ਉਹੀ ਮਨੁੱਖ ਸਦਾ ਆਤਮਕ ਆਨੰਦ ਮਾਣ ਸਕਦਾ ਹੈ, ਜਿਹੜਾ ਮਨੁੱਖ ਸੱਚੇ ਦਿਲੋਂ ਗੁਰੂ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ, ਜਿਹੜਾ ਆਪਾ-ਭਾਵ ਛੱਡ ਕੇ ਗੁਰੂ ਨੂੰ ਹੀ ਆਪਣਾ ਆਸਰਾ ਬਣਾਈ ਰੱਖਦਾ ਹੈ।

੨੨. ਮਾਇਆ ਦਾ ਮੋਹ ਅਤੇ ਆਤਮਕ ਆਨੰਦ—ਇਹ ਦੋਵੇਂ ਇਕੋ ਹਿਰਦੇ ਵਿਚ ਇਕੱਠੇ ਨਹੀਂ ਟਿਕ ਸਕਦੇ। ਤੇ ਮਾਇਆ ਦੇ ਮੋਹ ਤੋਂ ਖਲਾਸੀ ਤਦੋਂ ਹੀ ਮਿਲਦੀ ਹੈ ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ। ਗੁਰੂ ਮਨੁੱਖ ਨੂੰ ਜੀਵਨ ਦਾ ਸਹੀ ਰਸਤਾ

ਦੱਸਦਾ ਹੈ ।

੨੩. ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦੀ ਮਿਹਰ ਦੀ ਨਿਗਾਹ ਹੁੰਦੀ ਹੈ, ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੀ ਗੁਰਬਾਣੀ ਆਪਣੇ ਹਿਰਦੇ ਵਿਚ ਵਸਾਈ ਰੱਖਦੇ ਹਨ । ਗੁਰਬਾਣੀ ਦੀ ਰਾਹੀਂ ਉਹ ਆਤਮਕ ਆਨੰਦ ਦੇਣ ਵਾਲਾ ਨਾਮ-ਜਲ ਸਦਾ ਪੀਂਦੇ ਰਹਿੰਦੇ ਹਨ ।

੨੪. ਮਾਇਕ ਰਸਾਂ ਵਾਲੀ ਕਵਿਤਾ, ਗੁਰ-ਆਸ਼ੇ ਤੋਂ ਉਲਟ ਜਾਣ ਵਾਲੀ ਬਾਣੀ, ਪਰਮਾਤਮਾ ਦੀ ਸਿਫ਼ਤਿ ਸਾਲਾਹ ਤੋਂ ਸੁੰਞੀ ਬਾਣੀ, ਮਨ ਨੂੰ ਮਾਇਕ ਸੁਆਦਾਂ ਵਾਲੀ ਖਿੱਚ ਪਾਣ ਵਾਲੀ ਬਾਣੀ ਮਨ ਨੂੰ ਕਮਜ਼ੋਰ ਕਰਦੀ ਹੈ, ਮਾਇਆ ਦੀ ਝਲਕ ਦੇ ਸਾਹਮਣੇ ਥਿੜਕਾ ਦੇਂਦੀ ਹੈ । ਅਜੇਹੀ ਬਾਣੀ ਨਿੱਤ ਪੜ੍ਹਨ ਸੁਣਨ ਵਾਲਿਆਂ ਦੇ ਮਨ ਮਾਇਆ ਦੇ ਟਾਕਰੇ ਤੇ ਕਮਜ਼ੋਰ ਹੋ ਜਾਂਦੇ ਹਨ । ਅਜੇਹੇ ਕਮਜ਼ੋਰ ਹੋ ਚੁਕੇ ਮਨ ਵਿਚ ਆਤਮਕ ਆਨੰਦ ਦਾ ਸੁਆਦ ਨਹੀਂ ਬਣ ਸਕਦਾ । ਉਹ ਮਨ ਤਾਂ ਮਾਇਆ ਦੇ ਮੋਹ ਵਿਚ ਫਸਿਆ ਹੁੰਦਾ ਹੈ ।

੨੫. ਸਤਿਗੁਰੂ ਦੀ ਬਾਣੀ ਪਰਮਾਤਮਾ ਵਲੋਂ ਇਕ ਅਮੋਲਕ ਦਾਤਿ ਹੈ, ਇਸ ਵਿਚ ਪਰਮਾਤਮਾ ਦੀ ਸਿਫ਼ਤਿ-ਸਾਲਾਹ ਭਰੀ ਪਈ ਹੈ । ਜਿਹੜਾ ਮਨੁੱਖ ਇਸ ਬਾਣੀ ਨਾਲ ਆਪਣਾ ਮਨ ਜੋੜਦਾ ਹੈ, ਉਸ ਦੇ ਅੰਦਰ ਪਰਮਾਤਮਾ ਦਾ ਪਿਆਰ ਬਣ ਜਾਂਦਾ ਹੈ, ਤੇ, ਜਿਥੇ ਪ੍ਰਭੂ-ਪ੍ਰੇਮ ਹੈ ਉਥੇ ਹੀ ਆਤਮਕ ਆਨੰਦ ਹੈ ।

੨੬. ਪਰਮਾਤਮਾ ਦੀ ਰਜ਼ਾ ਅਨੁਸਾਰ ਜੀਵ ਮਾਇਆ ਦੇ ਹੱਥਾਂ ਉਤੇ ਨੱਚ ਰਹੇ ਹਨ । ਜਿਸ ਕਿਸੇ ਨੂੰ ਗੁਰੂ ਦੇ ਦੱਸੇ ਰਾਹ ਉਤੇ ਤੁਰਨ-ਜੋਗਾ ਬਣਾਂਦਾ ਹੈ, ਉਹ ਮਨੁੱਖ ਮਾਇਆ ਦੇ ਬੰਧਨਾਂ ਤੋਂ ਸੁਤੰਤਰ ਹੋ ਜਾਂਦਾ ਹੈ, ਉਸ ਦੀ ਸੁਰਤਿ ਪਰਮਾਤਮਾ ਦੇ ਚਰਨਾਂ ਵਿਚ ਜੁੜੀ ਰਹਿੰਦੀ ਹੈ, ਉਸ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ ।

੨੭. ਕਰਮ-ਕਾਂਡ ਅਨੁਸਾਰ ਕਿਹੜਾ ਪੁੰਨ-ਕਰਮ ਹੈ ਤੇ ਕਿਹੜਾ ਪਾਪ-ਕਰਮ ਹੈ—ਸਿਰਫ਼ ਇਹ ਵਿਚਾਰ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਨਹੀਂ ਕਰ ਸਕਦੀ । ਗੁਰੂ ਦੀ ਕਿਰਪਾ ਨਾਲ ਜਿਹੜਾ ਮਨੁੱਖ ਸਦਾ ਹਰਿ-ਨਾਮ ਸਿਮਰਦਾ ਹੈ,ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਹੈ, ਉਹ ਵਿਕਾਰਾਂ ਵਲੋਂ ਸੁਚੇਤ ਰਹਿੰਦਾ ਹੈ ਤੇ, ਆਤਮਕ ਆਨੰਦ ਮਾਣਦਾ ਹੈ ।

੨੮. ਪਰਮਾਤਮਾ ਜਿਸ ਮਨੁੱਖ ਨੂੰ ਆਪਣੇ ਚਰਨਾਂ ਦਾ ਪਿਆਰ ਬਖ਼ਸ਼ਦਾ ਹੈ, ਉਸ ਮਨੁੱਖ ਉਤੇ ਕੋਈ ਭੀ ਵਿਕਾਰ ਆਪਣਾ ਜ਼ੋਰ ਨਹੀਂ ਪਾ ਸਕਦਾ । ਗੁਰੂ ਦੀ ਸਰਨ ਪੈ ਕੇ, ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਸਦਾ ਪਰਮਾਤਮਾ ਦੀ ਯਾਦ ਆਪਣੇ ਹਿਰਦੇ ਵਿਚ ਟਿਕਾਈ ਰੱਖਣੀ ਚਾਹੀਦੀ ਹੈ । ਆਤਮਕ ਅਨੰਦ ਦੀ ਪ੍ਰਾਪਤੀ ਦਾ ਇਹੀ ਹੈ

ਵਸੀਲਾ।

੨੯. ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਮਨੁੱਖਾਂ ਦੀ ਸੁਰਤਿ ਦੁਨੀਆਂ ਦੇ ਕਾਰ-ਵਿਹਾਰ ਕਰਦਿਆਂ ਹੀ ਪ੍ਰਭੂ-ਚਰਨਾਂ ਵਿਚ ਜੁੜੀ ਰਹਿੰਦੀ ਹੈ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ। ਜਗਤ ਦਾ ਹਾਲ ਤਾਂ ਇਹ ਹੈ ਕਿ ਜੀਵ ਨੂੰ ਜੰਮਦੇ ਨੂੰ ਹੀ ਮਾਂ ਪਿਉ ਆਦਿਕ ਦੇ ਪਿਆਰ ਦੀ ਰਾਹੀਂ ਮਾਇਆ ਪ੍ਰਭੂ-ਚਰਨਾਂ ਨਾਲੋਂ ਵਿਛੋੜ ਲੈਂਦੀ ਹੈ।

੩੦. ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਪਰਮਾਤਮਾ ਦਾ ਮਿਲਾਪ ਨਹੀਂ ਹੋ ਸਕਦਾ। ਤੇ, ਜਿਸ ਹਿਰਦੇ ਵਿਚ ਪ੍ਰਭੂ ਨਾਲ ਪਿਆਰ ਨਹੀਂ, ਉਥੇ ਆਤਮਕ ਆਨੰਦ ਕਿੱਥੇ ? ਹਾਂ, ਜਿਸ ਮਨੁੱਖ ਨੂੰ ਪਰਮਾਤਮਾ ਗੁਰੂ ਦੇ ਲੜ ਲਾ ਦੇਂਦਾ ਹੈ, ਉਸ ਦੇ ਭਾਗ ਜਾਗ ਪੈਂਦੇ ਹਨ।

੩੧. ਗੁਰੂ ਪਾਸੋਂ ਇਹ ਸਮਝ ਆਉਂਦੀ ਹੈ ਕਿ ਆਤਮਕ ਆਨੰਦ ਦੀ ਖੱਟੀ ਖੱਟਣ ਵਾਸਤੇ ਪਰਮਾਤਮਾ ਦਾ ਨਾਮ ਹੀ ਮਨੁੱਖ ਦਾ ਸਰਮਾਇਆ ਬਣਨਾ ਚਾਹੀਦਾ ਹੈ। ਇਹ ਸਰਮਾਇਆ ਉਹਨਾਂ ਨੂੰ ਹੀ ਮਿਲਦਾ ਹੈ ਜਿਨ੍ਹਾਂ ਉਤੇ ਪ੍ਰਭੂ ਆਪ ਮਿਹਰ ਕਰੇ।

੩੨. ਕਈ ਤਰ੍ਹਾਂ ਦੇ ਖਾਣੇ ਖਾਣ ਨਾਲ ਭੀ ਮਨੁੱਖ ਦਾ ਜੀਭ ਦਾ ਚਸਕਾ ਮੁੱਕਦਾ ਨਹੀਂ। ਬੜਾ ਖ਼ੁਆਰ ਹੁੰਦਾ ਹੈ ਮਨੁੱਖ ਇਸ ਚਸਕੇ ਵਿਚ। ਪਰ ਜਦੋਂ ਇਸ ਨੂੰ ਹਰਿ-ਨਾਮ ਸਿਮਰਨ ਦਾ ਅਨੰਦ ਆਉਣ ਲੱਗ ਪੈਂਦਾ ਹੈ, ਜੀਭ ਦਾ ਚਸਕਾ ਖ਼ਤਮ ਹੋ ਜਾਂਦਾ ਹੈ। ਪਰਮਾਤਮਾ ਦੀ ਮਿਹਰ ਨਾਲ ਜਿਸ ਨੂੰ ਗੁਰੂ ਮਿਲ ਪਏ, ਉਸ ਨੂੰ ਹਰਿ-ਨਾਮ ਦਾ ਆਨੰਦ ਪ੍ਰਾਪਤ ਹੁੰਦਾ ਹੈ।

੩੩. ਸੁਖ-ਆਨੰਦ ਦਾ ਦਾਤਾ ਹੈ ਭੀ ਪਰਮਾਤਮਾ ਆਪ; ਪਰ ਮਨੁੱਖ ਜਗਤ ਵਿਚ ਮਾਇਕ ਪਦਾਰਥਾਂ ਵਿਚੋਂ ਆਨੰਦ ਭਾਲਦਾ ਰਹਿੰਦਾ ਹੈ। ਗੁਰੂ ਦੀ ਮਿਹਰ ਨਾਲ ਇਹ ਸਮਝ ਪੈਂਦੀ ਹੈ ਕਿ ਇਹ ਜਗਤ ਤਾਂ ਮਦਾਰੀ ਦਾ ਤਮਾਸ਼ਾ ਹੀ ਹੈ, ਇਸ ਵਿਚੋਂ ਸਦਾ ਟਿਕੇ ਰਹਿਣ ਵਾਲਾ ਆਤਮਕ ਆਨੰਦ ਨਹੀਂ ਮਿਲ ਸਕਦਾ।

੩੪. ਮਨੁੱਖ ਦੇ ਅੰਦਰ ਆਤਮਕ ਆਨੰਦ ਤਦੋਂ ਹੀ ਬਣਦਾ ਹੈ, ਜਦੋਂ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਪਰਕਾਸ਼ ਹੁੰਦਾ ਹੈ। ਤਦੋਂ ਮਨੁੱਖ ਦਾ ਹਿਰਦਾ ਵਿਕਾਰਾਂ ਤੋਂ ਪਵਿੱਤਰ ਹੋ ਜਾਂਦਾ ਹੈ, ਕੋਈ ਚਿੰਤਾ ਕੋਈ ਦੁੱਖ ਉਸ ਉਤੇ ਆਪਣਾ ਜੋਰ ਨਹੀਂ ਪਾ ਸਕਦਾ। ਪਰ ਇਹ ਪਰਕਾਸ਼ ਗੁਰੂ ਦੀ ਰਾਹੀਂ ਹੀ ਹੁੰਦਾ ਹੈ।

੩੫. ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਪ੍ਰੇਰਿਆ ਹੋਇਆ ਮਨੁੱਖ ਮੁੜ ਮੁੜ ਉਹੋ ਜਿਹੇ ਕਰਮ ਹੀ ਕਰਦਾ ਰਹਿੰਦਾ ਹੈ। ਪਰਮਾਤਮਾ ਦਾ ਨਾਮ ਸਿਮਰਨ ਵਾਲੇ ਪਾਸੇ ਆਪਣੇ ਆਪ ਪਰਤ ਨਹੀਂ ਸਕਦਾ। ਫਿਰ ਆਤਮਕ ਆਨੰਦ ਕਿਥੋਂ ਮਿਲੇ ? ਚੰਗੀ

ਭਾਗਾਂ ਨਾਲ ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ ਇਸ ਦੀ ਜ਼ਿੰਦਗੀ ਕਾਮਯਾਬ ਹੁੰਦੀ ਹੈ।

੩੬. ਜਿਤਨਾ ਚਿਰ ਮਨੁੱਖ ਜਗਤ ਵਿਚ ਕਿਸੇ ਨੂੰ ਵੈਰ ਭਾਵ ਨਾਲ ਵੇਖਦਾ ਹੈ ਕਿਸੇ ਨੂੰ ਮਿਤ੍ਰਤਾ ਦੇ ਭਾਵ ਨਾਲ, ਉਤਨਾ ਚਿਰ ਇਸ ਦੇ ਅੰਦਰ ਮੇਰ-ਤੇਰ ਹੈ। ਜਿਥੇ ਮੇਰ-ਤੇਰ ਹੈ, ਉਥੇ ਆਤਮਕ ਆਨੰਦ ਨਹੀਂ ਹੋ ਸਕਦਾ। ਗੁਰੂ ਨੂੰ ਮਿਲ ਕੇ ਮਨੁੱਖ ਦੀਆਂ ਅੱਖਾਂ ਖੁਲ੍ਹਦੀਆਂ ਹਨ, ਫਿਰ ਇਸ ਨੂੰ ਹਰ ਥਾਂ ਪਰਮਾਤਮਾ ਹੀ ਪਰਮਾਤਮਾ ਦਿੱਸਦਾ ਹੈ। ਇਹੀ ਦੀਦਾਰ ਹੈ ਆਨੰਦ ਦਾ ਮੂਲ।

੩੭. ਜਿਸ ਮਨੁੱਖ ਦੇ ਕੰਨਾਂ ਨੂੰ ਅਜੇ ਨਿੰਦਾ-ਚੁਗ਼ਲੀ ਸੁਣਨ ਦਾ ਚਸਕਾ ਹੈ, ਉਸ ਦੇ ਹਿਰਦੇ ਵਿਚ ਆਤਮਕ ਆਨੰਦ ਪੈਦਾ ਨਹੀਂ ਹੋਇਆ। ਆਤਮਕ ਆਨੰਦ ਦੀ ਪ੍ਰਾਪਤੀ ਉਸੇ ਮਨੁੱਖ ਨੂੰ ਹੈ, ਜਿਸ ਦੇ ਕੰਨ ਜਿਸ ਦੀ ਜੀਭ ਜਿਸ ਦੇ ਸਾਰੇ ਗਿਆਨ-ਇੰਦ੍ਰੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਮਗਨ ਰਹਿੰਦੇ ਹਨ। ਉਹੀ ਗਿਆਨ-ਇੰਦ੍ਰੇ ਪਵਿੱਤਰ ਹਨ।

੩੮. ਮਾਇਆ ਦੇ ਪ੍ਰਭਾਵ ਦੇ ਕਾਰਨ ਗਿਆਨ-ਇੰਦ੍ਰੇ ਮਨੁੱਖ ਨੂੰ ਮਾਇਕ ਪਦਾਰਥਾਂ ਵਲ ਹੀ ਭਜਾਈ ਫਿਰਦੇ ਹਨ। ਇਹ ਰਸਤਾ ਚੰਗਾ ਹੈ ਜਾਂ ਮੰਦਾ—ਇਹ ਵਿਚਾਰ ਕਰਨ ਵਾਲੀ ਸੱਤਿਆ ਨੱਪੀ ਹੀ ਰਹਿੰਦੀ ਹੈ। ਜਿਸ ਮਨੁੱਖ ਨੂੰ ਪਰਮਾਤਮਾ ਗੁਰੂ ਦੇ ਦਰ ਤੇ ਅਪੜਾਂਦਾ ਹੈ, ਉਸ ਦੀ ਵਿਚਾਰ-ਸੱਤਿਆ ਜਾਗ ਪੈਂਦੀ ਹੈ। ਉਹ ਮਨੁੱਖ ਪ੍ਰਭੂ ਦੇ ਨਾਮ ਵਿਚ ਜੁੜਦਾ ਹੈ ਤੇ ਆਤਮਕ ਆਨੰਦ ਮਾਣਦਾ ਹੈ।

੩੯. ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦੀ ਮਿਹਰ ਹੁੰਦੀ ਹੈ, ਉਹ ਗੁਰੂ ਦੇ ਦੱਸੇ ਰਸਤੇ ਤੁਰ ਕੇ ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਗਾਂਦੇ ਹਨ, ਤੇ, ਆਤਮਕ ਆਨੰਦ ਮਾਣਦੇ ਹਨ।

੪੦. ਆਤਮਕ ਆਨੰਦ ਦੇ ਲੱਛਣ :—ਜਿਸ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ, ਉਸ ਦੇ ਸਾਰੇ ਚਿੰਤਾ-ਝੋਰੇ ਮਿਟ ਜਾਂਦੇ ਹਨ, ਕੋਈ ਦੁੱਖ ਕੋਈ ਵਿਕਾਰ ਕੋਈ ਕਲੇਸ਼ ਉਸ ਉਤੇ ਜ਼ੋਰ ਨਹੀਂ ਪਾ ਸਕਦਾ।

ਆਨੰਦ ਦੀ ਇਹ ਅਵਸਥਾ ਸਤਿਗੁਰੂ ਦੀ ਬਾਣੀ ਤੋਂ ਪ੍ਰਾਪਤ ਹੁੰਦੀ ਹੈ। ਇਸ ਬਾਣੀ ਨੂੰ ਗਾਣ ਵਾਲਿਆਂ ਸੁਣਨ ਵਾਲਿਆਂ ਦੇ ਜੀਵਨ ਉੱਚੇ ਹੋ ਜਾਂਦੇ ਹਨ। ਇਸ ਬਾਣੀ ਵਿਚ ਉਹਨਾਂ ਨੂੰ ਸਤਿਗੁਰੂ ਹੀ ਪ੍ਰਤੱਖ ਦਿੱਸਦਾ ਹੈ।

ਸਮੁੱਚਾ ਭਾਵ :—(੧ ਤੋਂ ੬) ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਉਸ ਦੇ ਸਾਰੇ ਦੁੱਖ ਦੂਰ ਹੋ ਜਾਂਦੇ ਹਨ, ਉਸ ਅੰਦਰੋਂ ਮਾਇਆ ਦੇ ਸਾਰੇ ਲਾਲਚ ਦੂਰ ਹੋ ਜਾਂਦੇ ਹਨ, ਕਾਮਾਦਿਕ ਪੰਜੇ ਵੈਰੀ ਉਸ ਉਤੇ

ਆਪਣਾ ਜ਼ੋਰ ਨਹੀਂ ਪਾ ਸਕਦੇ। ਪਰ ਪ੍ਰਭੂ-ਚਰਨਾਂ ਤੋਂ ਵਿੱਛੁੜਿਆ ਹੋਇਆ ਮਨੁੱਖ ਦੁਖੀ ਹੀ ਰਹਿੰਦਾ ਹੈ, ਉਸ ਦੇ ਸਾਰੇ ਗਿਆਨ-ਇੰਦ੍ਰੇ ਮਾਇਆ ਦੀ ਦੌੜ-ਭੱਜ ਵਿਚ ਹੀ ਲੱਗੇ ਰਹਿੰਦੇ ਹਨ।

(੭ ਤੋਂ ੧੫) ਆਤਮਕ ਆਨੰਦ ਗੁਰੂ ਤੋਂ ਹੀ ਮਿਲਦਾ ਹੈ। ਆਪਣੇ ਉੱਦਮ ਨਾਲ ਆਨੰਦ ਦੀ ਪ੍ਰਾਪਤੀ ਨਹੀਂ ਹੋ ਸਕਦੀ, ਕਿਉਂਕਿ ਮਾਇਆ ਦੇ ਟਾਕਰੇ ਤੇ ਕਿਸੇ ਦੀ ਪੇਸ਼ ਨਹੀਂ ਜਾਂਦੀ। ਇਕੋ ਹੀ ਰਸਤਾ ਹੈ ਕਿ ਮਨੁੱਖ ਆਪਣਾ ਆਪ ਗੁਰੂ ਦੇ ਹਵਾਲੇ ਕਰ ਦੇਵੇ। ਨਿਰੀਆਂ ਚਤੁਰਾਈ ਦੀਆਂ ਗੱਲਾਂ ਮਦਦ ਨਹੀਂ ਕਰਦੀਆਂ। ਗੁਰੂ ਦੀ ਇਹ ਸਿੱਖਿਆ ਸਦਾ ਚੇਤੇ ਰੱਖੋ ਕਿ ਮਨ ਵਿਚ ਪਰਮਾਤਮਾ ਦੀ ਯਾਦ ਟਿਕੀ ਰਹੇ। ਪ੍ਰਭੂ-ਦਰ ਤੇ ਸਦਾ ਅਰਦਾਸ ਕਰਦੇ ਰਹਿਣਾ ਚਾਹੀਦਾ ਹੈ।

ਗੁਰੂ ਮਿਲਦਾ ਹੈ ਪਰਮਾਤਮਾ ਦੀ ਮਿਹਰ ਨਾਲ। ਜਿਸ ਨੂੰ ਗੁਰੂ ਮਿਲ ਪੈਂਦਾ ਹੈ, ਉਸ ਦਾ ਜੀਵਨ ਸੁੱਚਾ ਹੋ ਜਾਂਦਾ ਹੈ, ਉਹ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ।

(੧੬ ਤੋਂ ੨੫) ਬਾਣੀ ਹੀ ਗੁਰੂ ਹੈ। ਜੀਵਨ-ਸਫ਼ਰ ਵਿਚ ਬਾਣੀ ਦੇ ਦੱਸੇ ਹੋਏ ਰਸਤੇ ਉਤੇ ਤੁਰੋ—ਇਹੀ ਹੈ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰਨਾ। ਇਸ ਤਰ੍ਹਾਂ ਮਾਇਆ ਵਾਲੇ ਹੋਛੇ ਰਸ ਖਿੱਚ ਨਹੀਂ ਪਾ ਸਕਣਗੇ। ਬਾਹਰੋਂ ਧਾਰਮਿਕ ਦਿੱਸਦੇ ਕਰਮ ਕੀਤਿਆਂ ਮਨ ਵਿਕਾਰਾਂ ਦੇ ਟਾਕਰੇ ਤੇ ਅਡੋਲ ਨਹੀਂ ਹੋ ਸਕਦਾ। ਇਸ ਰਾਹੇ ਪਿਆਂ ਜੀਵਨ ਬਾਜ਼ੀ ਹਾਰ ਜਾਈਦੀ ਹੈ। ਆਪਣੀ ਸਿਆਣਪ ਛੱਡ ਕੇ ਬਾਣੀ ਦੀ ਅਗਵਾਈ ਵਿਚ ਜੀਵਨ-ਤੋਰ ਤੁਰਦੇ ਰਹੋ। ਮਾਇਆ ਦਾ ਮੋਹ ਅਤੇ ਆਤਮਕ ਆਨੰਦ—ਇਹ ਦੋਵੇਂ ਇਕੋ ਥਾਂ ਇਕੱਠੇ ਨਹੀਂ ਰਹਿ ਸਕਦੇ। ਸਾਧ ਸੰਗਤਿ ਵਿਚ ਜਾ ਕੇ ਗੁਰਬਾਣੀ ਗਾਵਿਆ ਕਰੋ।

ਮਨੁੱਖ ਦੁਨੀਆ ਦੇ ਰੰਗ-ਤਮਾਸ਼ਿਆਂ ਵਾਲੀ ਕਵਿਤਾ ਵਿਚੋਂ ਖ਼ੁਸ਼ੀ ਭਾਲਦਾ ਰਹਿੰਦਾ ਹੈ, ਪਰ ਇਹ ਕਵਿਤਾ ਮਨ ਨੂੰ ਵਿਕਾਰਾਂ ਦੇ ਟਾਕਰੇ ਤੇ ਕਮਜ਼ੋਰ ਕਰਦੀ ਜਾਂਦੀ ਹੈ। ਜੇ ਆਤਮਕ ਆਨੰਦ ਮਾਣਨਾ ਹੈ ਤਾਂ ਗੁਰੂ ਦਾ ਸ਼ਬਦ ਹੀ ਗੁਰੂ ਦੀ ਬਾਣੀ ਹੀ ਇਕ ਅਮੋਲਕ ਦਾਤਿ ਹੈ।

(੨੬ ਤੋਂ ੩੯) ਜੀਵ ਅਤੇ ਮਾਇਆ ਇਹ ਪਰਮਾਤਮਾ ਦੇ ਹੀ ਪੈਦਾ ਕੀਤੇ ਹੋਏ ਹਨ। ਪਰ ਉਸ ਦੀ ਰਜ਼ਾ ਇਉਂ ਹੈ ਕਿ ਜੀਵ ਮਾਇਆ ਦੇ ਹੱਥਾਂ ਉਤੇ ਨੱਚ ਰਹੇ ਹਨ, ਤੇ, ਦੁਖੀ ਹੋ ਰਹੇ ਹਨ। ਕਰਮ-ਕਾਂਡ ਅਨੁਸਾਰ ਪੁੰਨ-ਕਰਮ ਕਿਹੜਾ ਤੇ ਪਾਪ-ਕਰਮ ਕਿਹੜਾ—ਇਹ ਵਿਚਾਰ ਭੀ ਮਨੁੱਖ ਦੇ ਅੰਦਰ ਆਤਮਕ ਆਨੰਦ ਨਹੀਂ ਪੈਦਾ ਕਰ ਸਕਦੀ। ਅਜਬ ਖੇਡ ਹੈ, ਜੀਵ ਨੂੰ ਜੰਮਦੇ ਨੂੰ ਹੀ ਮਾਂ ਪਿਉ ਆਦਿਕ ਦੇ ਪਿਆਰ ਦੀ ਰਾਹੀਂ ਮਾਇਆ ਪ੍ਰਭੂ-ਚਰਨਾਂ ਨਾਲੋਂ ਵਿਛੋੜ ਲੈਂਦੀ ਹੈ। ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਇਹ ਵਿਛੋੜਾ ਦੂਰ ਨਹੀਂ ਹੋ ਸਕਦਾ। ਆਤਮਕ ਆਨੰਦ ਦੀ ਖੱਟੀ ਖੱਟਣ ਵਾਸਤੇ ਪਰਮਾਤਮਾ ਦਾ ਨਾਮ ਹੀ ਮਨੁੱਖ ਦਾ ਸਰਮਾਇਆ ਬਣਨਾ ਚਾਹੀਦਾ ਹੈ। ਇਹ ਨਾਮ

ਮਿਲਦਾ ਹੈ ਗੁਰੂ ਪਾਸੋਂ ।

ਜੀਭ ਦੇ ਚਸਕੇ ਵਿਚ ਫਸਿਆ ਹੋਇਆ ਮਨੁੱਖ ਮਾਇਕ ਪਦਾਰਥਾਂ ਵਿਚੋਂ ਸੁਖ ਭਾਲਦਾ ਫਿਰਦਾ ਹੈ। ਮਨੁੱਖ ਦੇ ਵੱਸ ਭੀ ਕੀਹ ? ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਪ੍ਰੇਰਿਆ ਹੋਇਆ ਮੁੜ ਮੁੜ ਉਹੋ ਜਹੇ ਕਰਮ ਹੀ ਕਰੀ ਜਾ ਰਿਹਾ ਹੈ। ਅੱਖਾਂ ਮਿਲੀਆਂ ਹਨ ਹਰ ਥਾਂ ਪਰਮਾਤਮਾ ਨੂੰ ਵੇਖਣ ਲਈ,ਪਰ ਇਹ ਅੱਖਾਂ ਅੰਨ੍ਹੀਆਂ ਹੋਈਆਂ ਰਹਿੰਦੀਆਂ ਹਨ ਮਾਇਆ ਦੇ ਮੋਹ ਵਿਚ। ਕੰਨ ਮਿਲੇ ਹਨ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਨ ਲਈ। ਪਰ ਇਹ ਕੰਨ ਨਿੰਦਾ-ਚੁਗਲੀ ਵਿਚ ਮਸਤ ਰਹਿੰਦੇ ਹਨ। ਇਸੇ ਤਰ੍ਹਾਂ ਸਾਰੇ ਹੀ ਗਿਆਨ-ਇੰਦ੍ਰੇ ਮਨੁੱਖ ਨੂੰ ਮਾਇਕ ਪਦਾਰਥਾਂ ਵਲ ਹੀ ਭਜਾਈ ਫਿਰਦੇ ਹਨ।

ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦੀ ਮਿਹਰ ਹੁੰਦੀ ਹੈ ਉਹ ਗੁਰੂ ਦੀ ਸਰਨ ਪੈ ਕੇ ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਗਾਂਦੇ ਸੁਣਦੇ ਹਨ, ਤੇ, ਆਤਮਕ ਆਨੰਦ ਮਾਣਦੇ ਹਨ।

(੪੦) ਆਤਮਕ ਆਨੰਦ ਦਾ ਸਰੂਪ–ਇਸ ਆਤਮਕ ਅਵਸਥਾ ਵਿਚ ਅੱਪੜੇ ਹੋਏ ਮਨੁੱਖ ਦੀ ਮਾਇਕ ਭਟਕਣਾ ਦੂਰ ਹੋ ਜਾਂਦੀ ਹੈ, ਕੋਈ ਦੁੱਖ ਵਿਕਾਰ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ।

ਇਹ ਆਤਮਕ ਅਵਸਥਾ ਪ੍ਰਾਪਤ ਹੁੰਦੀ ਹੈ ਸਤਿਗੁਰੂ ਦੀ ਬਾਣੀ ਵਿਚ ਮਨ ਜੋੜਿਆਂ। ਬਾਣੀ ਪੜ੍ਹਨ ਸੁਣਨ ਨਾਲ ਮਨੁੱਖ ਦਾ ਜੀਵਨ ਪਵਿੱਤਰ ਹੋ ਜਾਂਦਾ ਹੈ।

ਮੁੱਖ ਭਾਵ–ਜੀਵ ਨੂੰ ਜੰਮਦੇ ਨੂੰ ਹੀ ਮਾਂ ਪਿਉ ਆਦਿਕ ਦੇ ਪਿਆਰ ਦੀ ਰਾਹੀਂ ਮਾਇਆ ਆ ਘੇਰਦੀ ਹੈ। ਸਾਰੀ ਉਮਰ ਮਾਇਆ ਦੇ ਹੱਥਾਂ ਉਤੇ ਹੀ ਨੱਚਦਾ ਰਹਿੰਦਾ ਹੈ ਤੇ ਦੁਖੀ ਰਹਿੰਦਾ ਹੈ। ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ ਉਸ ਨੂੰ ਗੁਰੂ ਮਿਲਦਾ ਹੈ। ਗੁਰੂ ਦੀ ਬਾਣੀ ਦੀ ਬਰਕਤਿ ਨਾਲ ਮਨੁੱਖ ਦੀ ਮਾਇਕ ਭਟਕਣਾ ਦੂਰ ਹੋ ਜਾਂਦੀ ਹੈ, ਕੋਈ ਦੁੱਖ ਵਿਕਾਰ ਉਸ ਉਤੇ ਆਪਣਾ ਜ਼ੋਰ ਨਹੀਂ ਪਾ ਸਕਦਾ। ਹਰ ਵੇਲੇ ਉਸ ਦਾ ਮਨ ਖਿੜਿਆ ਰਹਿੰਦਾ ਹੈ। ਹਰ ਵੇਲੇ ਉਸ ਦੇ ਅੰਦਰ ਆਨੰਦ ਬਣਿਆ ਰਹਿੰਦਾ ਹੈ।

ਰਾਮਕਲੀ ਮਹਲਾ ੩ ਅਨੰਦੁ

ੴ ਸਤਿਗੁਰ ਪ੍ਰਸਾਦਿ ॥ ਅਨੰਦੁ ਭਇਆ ਮੇਰੀ ਮਾਏ ਸਤਿਗੁਰੂ ਮੈ ਪਾਇਆ॥ ਸਤਿਗੁਰੁ ਤ ਪਾਇਆ ਸਹਜ ਸੇਤੀ ਮਨਿ ਵਜੀਆ ਵਾਧਾਈਆ॥ ਰਾਗ ਰਤਨ ਪਰਵਾਰ ਪਰੀਆ ਸਬਦ ਗਾਵਣ ਆਈਆ ॥ ਸਬਦੋ ਤ ਗਾਵਹੁ ਹਰੀ ਕੇਰਾ ਮਨਿ ਜਿਨੀ ਵਸਾਇਆ ॥ ਕਹੈ ਨਾਨਕੁ ਅਨੰਦੁ ਹੋਆ

ਸਤਿਗੁਰੂ ਮੈ ਪਾਇਆ ॥ ੧ ॥ [ਪੰਨਾ ੯੧੭]

ਪਦ ਅਰਥ :-ਅਨੰਦੁ-ਪੂਰਨ ਖਿੜਾਉ। ਪਾਇਆ-ਪ੍ਰਾਪਤ ਕਰ ਲਿਆ ਹੈ। ਸਹਜ-ਅਡੋਲ ਅਵਸਥਾ। ਸਹਜ ਸੇਤੀ-ਅਡੋਲ ਅਵਸਥਾ ਦੇ ਨਾਲ। ਮਨਿ-ਮਨ ਵਿਚ। ਵਾਧਾਈ-ਚੜ੍ਹਦੀ ਕਲਾ, ਉਤਸ਼ਾਹ ਪੈਦਾ ਕਰਨ ਵਾਲਾ ਗੀਤ। ਪਰੀਆ-ਰਾਗਾਂ ਦੀਆਂ ਪਰੀਆਂ, ਰਾਗਣੀਆਂ। ਰਾਗ ਰਤਨ-ਸੋਹਣੇ ਰਾਗ। ਕੇਰਾ-ਦਾ।

ਅਰਥ :-ਹੇ ਭਾਈ ਮਾਂ! (ਮੇਰੇ ਅੰਦਰ) ਪੂਰਨ ਖਿੜਾਉ ਪੈਦਾ ਹੋ ਗਿਆ ਹੈ (ਕਿਉਂਕਿ) ਮੈਨੂੰ ਗੁਰੂ ਮਿਲ ਪਿਆ ਹੈ। ਮੈਨੂੰ ਗੁਰੂ ਮਿਲਿਆ ਹੈ, ਤੇ ਨਾਲ ਹੀ ਅਡੋਲ ਅਵਸਥਾ ਭੀ ਪ੍ਰਾਪਤ ਹੋ ਗਈ ਹੈ (ਭਾਵ, ਗੁਰੂ ਦੇ ਮਿਲਣ ਨਾਲ ਮੇਰਾ ਮਨ ਡੋਲਣੋਂ ਹਟ ਗਿਆ ਹੈ); ਮੇਰੇ ਮਨ ਵਿਚ (ਮਾਨੋਂ) ਖ਼ੁਸ਼ੀ ਦੇ ਵਾਜੇ ਵੱਜ ਪਏ ਹਨ, ਸੋਹਣੇ ਰਾਗ ਆਪਣੇ ਪਰਵਾਰ ਤੇ ਰਾਣੀਆਂ ਸਮੇਤ (ਮੇਰੇ ਮਨ ਵਿਚ, ਮਾਨੋ,) ਪ੍ਰਭੂ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਵਣ ਆ ਗਏ ਹਨ।

(ਹੇ ਭਾਈ! ਤੁਸੀ ਭੀ) ਪ੍ਰਭੂ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਵੋ। ਜਿਨ੍ਹਾਂ ਜਿਨ੍ਹਾਂ ਨੇ ਸਿਫਤਿ ਸਾਲਾਹ ਦਾ ਸ਼ਬਦ ਮਨ ਵਿਚ ਵਸਾਇਆ ਹੈ (ਉਹਨਾਂ ਦੇ ਅੰਦਰ ਪੂਰਨ ਖਿੜਾਉ ਪੈਦਾ ਹੋ ਜਾਂਦਾ ਹੈ)।

ਨਾਨਕ ਆਖਦਾ ਹੈ (ਮੇਰੇ ਅੰਦਰ ਭੀ) ਆਨੰਦ ਬਣ ਗਿਆ ਹੈ (ਕਿਉਂਕਿ) ਮੈਨੂੰ ਸਤਿਗੁਰੂ ਮਿਲ ਪਿਆ ਹੈ। ੧।

ਭਾਵ : ਗੁਰੂ ਪਾਸੋਂ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਦਾਤਿ ਮਿਲਦੀ ਹੈ, ਤੇ, ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਮਨੁੱਖ ਦੇ ਮਨ ਵਿਚ ਪੂਰਨ ਖਿੜਾਉ ਪੈਦਾ ਹੋ ਜਾਂਦਾ ਹੈ।

ਏ ਮਨ ਮੇਰਿਆ ਤੂ ਸਦਾ ਰਹੁ ਹਰਿ ਨਾਲੇ ॥ ਹਰਿ ਨਾਲਿ ਰਹੁ ਤੂ ਮੰਨ ਮੇਰੇ ਦੂਖ ਸਭਿ ਵਿਸਾਰਣਾ॥ ਅੰਗੀਕਾਰੁ ਓਹੁ ਕਰੇ ਤੇਰਾ ਕਾਰਜ ਸਭਿ ਸਵਾਰਣਾ ॥ ਸਭਨਾ ਗਲਾ ਸਮਰਥੁ ਸੁਆਮੀ ਸੋ ਕਿਉ ਮਨਹੁ ਵਿਸਾਰੇ ॥ ਕਹੈ ਨਾਨਕੁ ਮੰਨ ਮੇਰੇ ਸਦਾ ਰਹੁ ਹਰਿ ਨਾਲੇ ॥ ੨ ॥ [ਪੰਨਾ ੯੧੭]

ਪਦ ਅਰਥ :- ਮੰਨ ਮੇਰੇ-ਹੇ ਮੇਰੇ ਮਨ! ਸਭਿ-ਸਾਰੇ। ਵਿਸਾਰਣਾ-ਦੂਰ ਕਰਨ ਵਾਲਾ। ਅੰਗੀਕਾਰੁ-ਪੱਖ, ਸਹਾਇਤਾ। ਸਮਰਥੁ-ਕਰਨ-ਜੋਗ। ਮਨਹੁ-ਮਨ ਤੋਂ। ਵਿਸਰੇ-ਵਿਸਰਦਾ ਹੈਂ।

ਅਰਥ :-ਹੇ ਮੇਰੇ ਮਨ! ਤੂੰ ਸਦਾ ਪ੍ਰਭੂ ਦੇ ਨਾਲ (ਜੁੜਿਆ) ਰਹੁ। ਹੇ ਮੇਰੇ ਮਨ! ਤੂੰ ਸਦਾ ਪ੍ਰਭੂ ਨੂੰ ਯਾਦ ਰੱਖ। ਉਹ ਪ੍ਰਭੂ ਸਾਰੇ ਦੁੱਖ ਦੂਰ ਕਰਨ ਵਾਲਾ ਹੈ। ਉਹ ਸਦਾ ਤੇਰੀ ਸਹਾਇਤਾ ਕਰਨ ਵਾਲਾ ਹੈ, ਤੇਰੇ ਸਾਰੇ ਕੰਮ ਸਿਰੇ ਚਾੜ੍ਹਨ ਦੇ ਸਮਰੱਥ ਹੈ।

(ਹੇ ਭਾਈ !) ਉਸ ਮਾਲਕ ਨੂੰ ਕਿਉਂ (ਆਪਣੇ) ਮਨ ਤੋਂ ਭੁਲਾਂਦਾ ਹੈਂ ਜੋ ਸਾਰੇ ਕੰਮ ਕਰਨ-ਜੋਗਾ ਹੈ ?

ਨਾਨਕ ਆਖਦਾ ਹੈ—ਹੇ ਮੇਰੇ ਮਨ ! ਤੂੰ ਸਦਾ ਪ੍ਰਭੂ ਦੇ ਚਰਨਾਂ ਵਿਚ ਜੁੜਿਆ ਰਹੁ । ੨ ।

ਭਾਵ: ਜਿਹੜਾ ਮਨੁੱਖ ਪਰਮਾਤਮਾ ਦੀ ਯਾਦ ਵਿਚ ਜੁੜਿਆ ਰਹਿੰਦਾ ਹੈ,ਪਰਮਾਤਮਾ ਉਸ ਦੇ ਸਾਰੇ ਦੁੱਖ ਦੂਰ ਕਰ ਦੇਂਦਾ ਹੈ, ਉਸ ਦੇ ਸਾਰੇ ਕੰਮ ਸਵਾਰਦਾ ਹੈ। ਉਹ ਮਾਲਕ ਸਾਰੇ ਕੰਮ ਕਰਨ-ਜੋਗਾ ਹੈ ।

ਸਾਚੇ ਸਾਹਿਬਾ ਕਿਆ ਨਾਹੀ ਘਰਿ ਤੇਰੈ ॥ ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ ਪਾਵਏ ॥ ਸਦਾ ਸਿਫਤਿ ਸਲਾਹ ਤੇਰੀ ਨਾਮੁ ਮਨਿ ਵਸਾਵਏ॥ਨਾਮੁ ਜਿਨ ਕੈ ਮਨਿ ਵਸਿਆ ਵਾਜੇ ਸਬਦ ਘਨੇਰੇ ॥ਕਹੈ ਨਾਨਕੁ ਸਚੇ ਸਾਹਿਬ ਕਿਆ ਨਾਹੀ ਘਰਿ ਤੇਰੈ ॥ ੩ ॥ [ਪੰਨਾ ੯੧੭]

ਪਦ ਅਰਥ :—ਘਰਿ ਤੇਰੈ—ਤੇਰੇ ਘਰ ਵਿਚ । ਤ—ਤਾਂ । ਸਭੁ ਕਿਛੁ—ਹਰੇਕ ਚੀਜ਼। ਦੇਹਿ—ਤੂੰ ਦੇਂਦਾ ਹੈਂ । ਸੁ—ਉਹ ਮਨੁੱਖ । ਪਾਵਏ—ਪਾਵੈ, ਪਾ ਲੈਂਦਾ ਹੈ, ਹਾਸਲ ਕਰਦਾ ਹੈ। ਸਿਫਤਿ ਸਲਾਹ—ਵਡਿਆਈ । ਮਨਿ—ਮਨ ਵਿਚ । ਵਸਾਵਏ—ਵਸਾਵੈ, ਵਸਾਂਦਾ ਹੈ। ਜਿਨ ਕੈ ਮਨਿ—ਜਿਨ੍ਹਾਂ ਦੇ ਮਨ ਵਿਚ । ਵਾਜੇ—ਵੱਜਦੇ ਹਨ । ਸਬਦ—ਸਾਜ਼ਾਂ ਦੇ ਆਵਾਜ਼, ਰਾਗਾਂ ਦੀਆਂ ਸੁਰਾਂ । ਘਨੇਰੇ—ਬੇਅੰਤ । ਸਚੇ—ਹੇ ਸਦਾ ਕਾਇਮ ਰਹਿਣ ਵਾਲੇ!

ਅਰਥ :—ਹੇ ਸਦਾ ਕਾਇਮ ਰਹਿਣ ਵਾਲੇ ਮਾਲਕ (-ਪ੍ਰਭੂ) ! (ਮੈਂ ਤੇਰੇ ਦਰ ਤੋਂ ਮਨ ਦਾ ਆਨੰਦ ਮੰਗਦਾ ਹਾਂ, ਪਰ) ਤੇਰੇ ਘਰ ਵਿਚ ਕੇਹੜੀ ਚੀਜ਼ ਨਹੀਂ ਹੈ ? ਤੇਰੇ ਘਰ ਵਿਚ ਤਾਂ ਹਰੇਕ ਚੀਜ਼ ਮੌਜੂਦ ਹੈ, ਉਹੀ ਮਨੁੱਖ ਪ੍ਰਾਪਤ ਕਰਦਾ ਹੈ ਜਿਸ ਨੂੰ ਤੂੰ ਆਪ ਦੇਂਦਾ ਹੈਂ (ਫਿਰ, ਉਹ ਮਨੁੱਖ) ਤੇਰਾ ਨਾਮ ਤੇ ਤੇਰੀ ਸਿਫਤਿ ਸਾਲਾਹ (ਆਪਣੇ) ਮਨ ਵਿਚ ਵਸਾਂਦਾ ਹੈ (ਜਿਸ ਦੀ ਬਰਕਤਿ ਨਾਲ ਉਸ ਦੇ ਅੰਦਰ ਆਨੰਦ ਪੈਦਾ ਹੋ ਜਾਂਦਾ ਹੈ)। ਜਿਨ੍ਹਾਂ ਬੰਦਿਆਂ ਦੇ ਮਨ ਵਿਚ (ਤੇਰਾ) ਨਾਮ ਵੱਸਦਾ ਹੈ (ਉਹਨਾਂ ਦੇ ਅੰਦਰ, ਮਾਨੋ,) ਬੇਅੰਤ ਸਾਜ਼ਾਂ ਦੀਆਂ (ਮਿਲਵੀਆਂ) ਸੁਰਾਂ ਵੱਜਣ ਲੱਗ ਪੈਂਦੀਆਂ ਹਨ (ਭਾਵ, ਉਹਨਾਂ ਦੇ ਮਨ ਵਿਚ ਉਹ ਖ਼ੁਸ਼ੀ ਤੇ ਚਾਉ ਪੈਦਾ ਹੁੰਦਾ ਹੈ ਜੋ ਕਈ ਸਾਜ਼ਾਂ ਦਾ ਮਿਲਵਾਂ ਰਾਗ ਸੁਣ ਕੇ ਪੈਦਾ ਹੁੰਦਾ ਹੈ) ।

ਨਾਨਕ ਆਖਦਾ ਹੈ—ਹੇ ਸਦਾ ਕਾਇਮ ਰਹਿਣ ਵਾਲੇ ਮਾਲਕ ! ਤੇਰੇ ਘਰ ਵਿਚ ਕਿਸੇ ਸ਼ੈ ਦਾ ਘਾਟਾ ਨਹੀਂ ਹੈ (ਤੇ, ਮੈਂ ਤੇਰੇ ਦਰ ਤੋਂ ਆਨੰਦ ਦਾ ਦਾਨ ਮੰਗਦਾ ਹਾਂ)।੩।

ਭਾਵ:—ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਦੀ ਨਿਗਾਹ ਕਰਦਾ ਹੈ,ਉਹ ਮਨੁੱਖ ਪਰਮਾਤਮਾ ਦੀ ਸਿਫਤਿ ਸਾਲਾਹ ਪਰਮਾਤਮਾ ਦਾ ਨਾਮੁ ਆਪਣੇ ਮਨ ਵਿਚ ਵਸਾਂਦਾ ਹੈ।

ਨਾਮ ਦੀ ਬਰਕਤਿ ਨਾਮ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਹੋਇਆ ਰਹਿੰਦਾ ਹੈ।

ਸਾਚਾ ਨਾਮੁ ਮੇਰਾ ਆਧਾਰੋ ॥ ਸਾਚੁ ਨਾਮੁ ਅਧਾਰੁ ਮੇਰਾ ਜਿਨਿ ਭੁਖਾ ਸਭਿ ਗਵਾਈਆ ॥ ਕਰਿ ਸਾਂਤਿ ਸੁਖ, ਮਨਿ ਆਇ ਵਸਿਆ ਜਿਨਿ ਇਛਾ ਸਭਿ ਪੁਜਾਈਆ ॥ ਸਦਾ ਕੁਰਬਾਣੁ ਕੀਤਾ ਗੁਰੂ ਵਿਟਹੁ ਜਿਸ ਦੀਆ ਏਹਿ ਵਡਿਆਈਆ ॥ ਕਹੈ ਨਾਨਕੁ ਸੁਣਹੁ ਸੰਤਹੁ ਸਬਦਿ ਧਰਹੁ ਪਿਆਰੋ ॥ ਸਾਚਾ ਨਾਮੁ ਮੇਰਾ ਅਧਾਰੋ ॥੪ ॥[ਪੰਨਾ ੯੧੭]

ਪਦ ਅਰਥ :–ਆਧਾਰੋ–ਆਸਰਾ । ਜਿਨਿ–ਜਿਸ (ਨਾਮ) ਨੇ । ਭੁਖ–ਲਾਲਚ । ਕਰਿ–(ਪੈਦਾ) ਕਰ ਕੇ । ਮਨਿ–ਮਨ ਵਿਚ । ਇਛਾ–ਮਨ ਦੀਆਂ ਕਾਮਨਾਂ । ਸਭਿ–ਸਾਰੀਆਂ । ਕੁਰਬਾਣੁ–ਸਦਕੇ । ਵਿਟਹੁ–ਤੋਂ ।

ਅਰਥ:–(ਪ੍ਰਭੂ ਦੀ ਮੇਹਰ ਨਾਲ ਉਸ ਦਾ)ਸਦਾ ਥਿਰ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ (ਬਣ ਗਿਆ) ਹੈ ।

ਜਿਸ (ਹਰਿ-ਨਾਮ) ਨੇ ਮੇਰੇ ਸਾਰੇ ਲਾਲਚ ਦੂਰ ਕਰ ਦਿੱਤੇ ਹਨ, ਜਿਸ (ਹਰਿ-ਨਾਮ) ਨੇ ਮੇਰੇ ਮਨ ਦੀਆਂ ਸਾਰੀਆਂ ਕਾਮਨਾਂ ਪੂਰੀਆਂ ਕਰ ਦਿੱਤੀਆਂ ਹਨ, ਜੋ ਹਰਿ-ਨਾਮ (ਮੇਰੇ ਅੰਦਰ) ਸ਼ਾਂਤੀ ਤੇ ਸੁਖ ਪੈਦਾ ਕਰਕੇ ਮੇਰੇ ਮਨ ਵਿਚ ਆ ਟਿਕਿਆ ਹੈ, ਉਹ ਸਦਾ ਕਾਇਮ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ (ਬਣ ਗਿਆ) ਹੈ।

ਮੈਂ (ਆਪਣੇ ਆਪ ਨੂੰ) ਆਪਣੇ ਗੁਰੂ ਤੋਂ ਸਦਕੇ ਕਰਦਾ ਹਾਂ, ਕਿਉਂਕਿ ਇਹ ਸਾਰੀਆਂ ਬਰਕਤਾਂ ਗੁਰੂ ਦੀਆਂ ਹੀ ਹਨ ।

ਨਾਨਕ ਆਖਦਾ ਹੈ–ਹੇ ਸੰਤ ਜਨੋ ! (ਗੁਰੂ ਦਾ ਸ਼ਬਦ) ਸੁਣੋ, ਗੁਰੂ ਦੇ ਸ਼ਬਦ ਵਿਚ ਪਿਆਰ ਬਣਾਓ । (ਸਤਿਗੁਰੂ ਦੀ ਮੇਹਰ ਨਾਲ ਹੀ ਪ੍ਰਭੂ ਦਾ) ਸਦਾ ਕਾਇਮ ਰਹਿਣ ਵਾਲਾ ਨਾਮ ਮੇਰੀ ਜ਼ਿੰਦਗੀ ਦਾ ਆਸਰਾ (ਬਣ ਗਿਆ) ਹੈ। ੪ ।

ਭਾਵ :–ਗੁਰੂ ਦੀ ਮਿਹਰ ਨਾਲ ਪਰਮਾਤਮਾ ਦਾ ਨਾਮ ਮਿਲਦਾ ਹੈ। ਜਿਸ ਮਨੁੱਖ ਨੂੰ ਨਾਮ ਪ੍ਰਾਪਤ ਹੋ ਜਾਂਦਾ ਹੈ, ਉਸ ਦੇ ਅੰਦਰੋਂ ਮਾਇਆ ਦੇ ਸਾਰੇ ਲਾਲਚ ਦੂਰ ਹੋ ਜਾਂਦੇ ਹਨ, ਅਤੇ ਉਸ ਦੇ ਅੰਦਰ ਸ਼ਾਂਤੀ ਪੈਦਾ ਹੋ ਜਾਂਦੀ ਹੈ ਆਤਮਕ ਆਨੰਦ ਪੈਦਾ ਹੋ ਜਾਂਦਾ ਹੈ।

ਵਾਜੇ ਪੰਚ ਸਬਦ ਤਿਤੁ ਘਰਿ ਸਭਾਗੈ ॥ ਘਰਿ ਸਭਾਗੈ ਸਬਦ ਵਾਜੇ ਕਲਾ ਜਿਤੁ ਘਰਿ ਧਾਰੀਆ ॥ ਪੰਚ ਦੂਤ ਤੁਧੁ ਵਸਿ ਕੀਤੇ ਕਾਲੁ ਕੰਟਕੁ ਮਾਰਿਆ ॥ ਧੁਰਿ ਕਰਮਿ ਪਾਇਆ ਤੁਧੁ ਜਿਨ ਕਉ ਸਿ ਨਾਮਿ ਹਰਿ ਕੈ ਲਾਗੇ ॥ ਕਹੈ ਨਾਨਕੁ ਤਹ ਸੁਖੁ ਹੋਆ ਤਿਤੁ ਘਰਿ ਅਨਹਦ ਵਾਜੇ॥ ੫ ॥ [ਪੰਨਾ ੯੧੭]

ਪਦ ਅਰਥ :—ਵਾਜੇ—ਵੱਜਦੇ ਹਨ, ਵੱਜੇ ਹਨ। ਪੰਚ ਸਬਦ—ਪੰਜ ਕਿਸਮਾਂ ਦੇ ਸਾਜ਼ਾਂ ਦੀਆਂ ਮਿਲਵੀਆਂ ਸੁਰਾਂ। ਤਿਤੁ—ਉਸ ਵਿਚ। ਤਿਤੁ ਘਰਿ—ਉਸ ਹਿਰਦੇ-ਘਰ ਵਿਚ। ਸਭਾਗੈ—ਭਾਗਾਂ ਵਾਲੇ ਵਿਚ।ਤਿਤੁ ਸਭਾਗੈ ਘਰਿ—ਉਸ ਭਾਗਾਂ ਵਾਲੇ (ਹਿਰਦੇ-) ਘਰ ਵਿਚ। ਕਲਾ—ਸੱਤਿਆ। ਜਿਤੁ ਘਰਿ—ਜਿਸ ਘਰ ਵਿਚ। ਧਾਰੀਆ—ਤੂੰ ਪਾਈ ਹੈ। ਪੰਚ ਦੂਤ—ਕਾਮਾਦਿਕ ਪੰਜ ਵੈਰੀ। ਕੰਟਕੁ—ਕੰਡਾ। ਕੰਟਕੁ ਕਾਲੁ—ਡਰਾਉਣਾ ਕਾਲ, ਮੌਤ ਦਾ ਡਰ। ਧੁਰਿ—ਧੁਰ ਤੋਂ। ਕਰਮਿ—ਮੇਹਰ ਨਾਲ। ਸਿ—ਸੇ, ਉਹ ਬੰਦੇ। ਨਾਮਿ—ਨਾਮ ਵਿਚ। ਅਨਹਦ—ਅਨ-ਹਦ, ਬਿਨਾ ਵਜਾਏ ਵੱਜਣ ਵਾਲੇ, ਇਕ-ਰਸ, ਲਗਾਤਾਰ।

ਅਰਥ :—ਜਿਸ (ਹਿਰਦੇ-) ਘਰ ਵਿਚ (ਹੇ ਪ੍ਰਭੂ! ਤੂੰ) ਸੱਤਿਆ ਪਾਈ ਹੈ, ਉਸ ਭਾਗਾਂ ਵਾਲੇ (ਹਿਰਦੇ-) ਘਰ ਵਿਚ (ਮਾਨੋ) ਪੰਜ ਕਿਸਮਾਂ ਦੇ ਸਾਜ਼ਾਂ ਦੀਆਂ ਮਿਲਵੀਆਂ ਸੁਰਾਂ ਵੱਜ ਪੈਂਦੀਆਂ ਹਨ (ਭਾਵ, ਉਸ ਹਿਰਦੇ ਵਿਚ ਪੂਰਨ ਆਨੰਦ ਬਣ ਜਾਂਦਾ ਹੈ), (ਹੇ ਪ੍ਰਭੂ!) ਉਸ ਦੇ ਪੰਜੇ ਕਾਮਾਦਿਕ ਵੈਰੀ ਤੂੰ ਕਾਬੂ ਵਿਚ ਕਰ ਦੇਂਦਾ ਹੈਂ, ਤੇ ਡਰਾਣ ਵਾਲਾ ਕਾਲ (ਭਾਵ, ਮੌਤ ਦਾ ਡਰ) ਦੂਰ ਕਰ ਦੇਂਦਾ ਹੈਂ। ਪਰ ਸਿਰਫ ਉਹੀ ਮਨੁੱਖ ਹਰਿ-ਨਾਮ ਵਿਚ ਜੁੜਦੇ ਹਨ ਜਿਨ੍ਹਾਂ ਦੇ ਭਾਗਾਂ ਵਿਚ ਤੂੰ ਧੁਰ ਤੋਂ ਹੀ ਆਪਣੀ ਮੇਹਰ ਨਾਲ (ਸਿਮਰਨ ਦਾ ਲੇਖ ਲਿਖ ਕੇ) ਰੱਖ ਦਿੱਤਾ ਹੈ।

ਨਾਨਕ ਆਖਦਾ ਹੈ—ਉਸ ਹਿਰਦੇ-ਘਰ ਵਿਚ ਸੁਖ ਪੈਦਾ ਹੁੰਦਾ ਹੈ, ਉਸ ਹਿਰਦੇ ਵਿਚ (ਮਾਨੋ) ਇੱਕ-ਰਸ (ਵਾਜੇ) ਵੱਜਦੇ ਹਨ। ੫।

ਭਾਵ—ਪਰਮਾਤਮਾ ਧੁਰ ਦਰਗਾਹ ਤੋਂ ਜਿਨ੍ਹਾਂ ਮਨੁੱਖਾਂ ਦੇ ਭਾਗਾਂ ਵਿਚ ਨਾਮ ਸਿਮਰਨ ਦਾ ਲੇਖ ਲਿਖ ਦੇਂਦਾ ਹੈ, ਉਹ ਮਨੁੱਖ ਨਾਮ ਵਿਚ ਜੁੜਦੇ ਹਨ। ਨਾਮ ਦੀ ਬਰਕਤਿ ਨਾਲ ਕਾਮਾਦਿਕ ਪੰਜੇ ਵੈਰੀ ਉਹਨਾਂ ਉਤੇ ਆਪਣਾ ਜ਼ੋਰ ਨਹੀਂ ਪਾ ਸਕਦੇ। ਇਸ ਤਰ੍ਹਾਂ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ।

ਸਾਚੀ ਲਿਵੈ ਬਿਨੁ ਦੇਹ ਨਿਮਾਣੀ॥ ਦੇਹ ਨਿਮਾਣੀ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥ ਤੁਧੁ ਬਾਝੁ ਸਮਰਥ ਕੋਇ ਨਾਹੀ ਕ੍ਰਿਪਾ ਕਰਿ ਬਨਵਾਰੀਆ ॥ ਏਸ ਨਉ ਹੋਰੁ ਥਾਉ ਨਾਹੀ ਸਬਦਿ ਲਾਗਿ ਸਵਾਰੀਆ ॥ ਕਹੈ ਨਾਨਕੁ ਲਿਵੈ ਬਾਝਹੁ ਕਿਆ ਕਰੇ ਵੇਚਾਰੀਆ ॥੬॥ [ਪੰਨਾ ੯੧੭]

ਪਦ ਅਰਥ :—ਸਾਚੀ ਲਿਵ—ਸੱਚੀ ਲਗਨ, ਸਦਾ ਕਾਇਮ ਰਹਿਣ ਵਾਲੀ ਲਗਨ, ਸਦਾ-ਥਿਰ ਪ੍ਰਭੂ ਨਾਲ ਪ੍ਰੀਤ। ਦੇਹ—ਸਰੀਰ। ਨਿਮਾਣੀ—ਨਿਆਸਰੀ ਜੇਹੀ, ਹੌਲੇ ਮੇਲ ਦੀ। ਕਿਆ ਕਰੇ—ਕੀਹ ਕਰਦਾ ਹੈ? ਜੋ ਕੁਝ ਕਰਦੀ ਹੈ ਨਕਾਰੇ ਕੰਮ ਹੀ ਕਰਦੀ ਹੈ। ਬਨਵਾਰੀ—ਹੇ ਜਗਤ-ਵਾੜੀ ਦੇ ਮਾਲਕ! ਸਵਾਰੀਆ—ਉੱਚੇ ਪਾਸੇ ਲਾਈ ਜਾ ਸਕਦੀ

ਹੈ। ਵੇਚਾਰੀਆ–ਪਰ-ਅਧੀਨ, ਨਿਮਾਣੀ ਜਿਹੀ, ਮਾਇਆ ਦੇ ਪ੍ਰਭਾਵ ਹੇਠ।

ਅਰਥ :–ਸਦਾ-ਥਿਰ ਪ੍ਰਭੂ ਦੇ ਚਰਨਾਂ ਦੀ ਲਗਨ (ਦੇ ਆਨੰਦ) ਤੋਂ ਬਿਨਾ ਇਹ (ਮਨੁੱਖ) ਸਰੀਰ ਨਿਆਸਰਾ ਜੇਹਾ ਹੀ ਰਹਿੰਦਾ ਹੈ। ਪ੍ਰਭੂ-ਚਰਨਾਂ ਦੀ ਪ੍ਰੀਤ ਤੋਂ ਬਿਨਾ ਨਿਆਸਰਾ ਹੋਇਆ ਹੋਇਆ ਇਹ ਸਰੀਰ ਜੋ ਕੁਝ ਭੀ ਕਰਦਾ ਹੈ ਨਕਾਰੇ ਕੰਮ ਹੀ ਕਰਦਾ ਹੈ।

ਹੇ ਜਗਤ ਦੇ ਮਾਲਕ ! ਤੈਥੋਂ ਬਿਨਾ ਕੋਈ ਹੋਰ ਥਾਂ ਨਹੀਂ ਜਿਥੇ ਇਹ ਸਰੀਰ ਸੁਚੱਜੇ ਪਾਸੇ ਲੱਗ ਸਕੇ, ਕੋਈ ਹੋਰ ਇਸ ਨੂੰ ਸੁਚੱਜੇ ਪਾਸੇ ਲਾਣ ਜੋਗਾ ਹੀ ਨਹੀਂ। ਤੂੰ ਹੀ ਕਿਰਪਾ ਕਰ, ਤਾ ਕਿ ਇਹ ਗੁਰੂ ਦੇ ਸ਼ਬਦ ਵਿਚ ਲੱਗ ਕੇ ਸੁਧਰ ਜਾਏ।

ਨਾਨਕ ਆਖਦਾ ਹੈ–ਪ੍ਰਭੂ-ਚਰਨਾਂ ਦੀ ਪ੍ਰੀਤ ਤੋਂ ਬਿਨਾ ਇਹ ਸਰੀਰ ਪਰ-ਅਧੀਨ (ਭਾਵ, ਮਾਇਆ ਦੇ ਪ੍ਰਭਾਵ ਹੇਠ) ਹੈ ਤੇ ਜੋ ਕੁਝ ਕਰਦਾ ਹੈ ਨਿਕੰਮਾ ਕੰਮ ਹੀ ਕਰਦਾ ਹੈ। ੬।

ਭਾਵ–ਜੇ ਮਨੁੱਖ ਦੇ ਮਨ ਵਿਚ ਪਰਮਾਤਮਾ ਦੇ ਚਰਨਾਂ ਦਾ ਪਿਆਰ ਨਾਂਹ ਬਣੇ, ਤਾਂ ਇਹ ਸਦਾ ਮਾਇਆ ਦੇ ਪ੍ਰਭਾਵ ਵਿਚ ਦੁੱਖੀ ਜਿਹਾ ਹੀ ਰਹਿੰਦਾ ਹੈ। ਮਨੁੱਖ ਦੇ ਸਾਰੇ ਗਿਆਨ-ਇੰਦ੍ਰੇ ਮਾਇਆ ਦੀ ਦੌੜ-ਭੱਜ ਵਿਚ ਲੱਗੇ ਰਹਿੰਦੇ ਹਨ। ਪਰਮਾਤਮਾ ਆਪ ਕਿਰਪਾ ਕਰੇ, ਤਾਂ ਗੁਰੂ ਦੇ ਸ਼ਬਦ ਵਿਚ ਲੱਗ ਕੇ ਇਹ ਸੁਧਾਰ ਜਾਂਦਾ ਹੈ।

ਆਨੰਦੁ ਆਨੰਦੁ ਸਭੁ ਕੋ ਕਹੈ, ਆਨੰਦੁ ਗੁਰੂ ਤੇ ਜਾਣਿਆ॥ਜਾਣਿਆ ਆਨੰਦੁ ਸਦਾ ਗੁਰ ਤੇ, ਕ੍ਰਿਪਾ ਕਰੇ ਪਿਆਰਿਆ॥ਕਰਿ ਕਿਰਪਾ ਕਿਲਵਿਖ ਕਟੇ, ਗਿਆਨ ਅੰਜਨੁ ਸਾਰਿਆ॥ਅੰਦਰਹੁ ਜਿਨ ਕਾ ਮੋਹੁ ਤੁਟਾ, ਤਿਨ ਕਾ ਸਬਦੁ ਸਚੈ ਸਵਾਰਿਆ ॥ ਕਹੈ ਨਾਨਕੁ ਏਹੁ ਅਨੰਦੁ ਹੈ, ਆਨੰਦੁ ਗੁਰੂ ਤੇ ਜਾਣਿਆ ॥ ੭ ॥ [ਪੰਨਾ ੯੧੭]

ਪਦ ਅਰਥ :–ਸਭੁ ਕੋ–ਹਰੇਕ ਜੀਵ। ਪਿਆਰਿਆ–ਹੇ ਪਿਆਰੇ ਭਾਈ ! ਕ੍ਰਿਪਾ ਕਰੇ–ਜਦੋਂ ਗੁਰੂ ਕਿਰਪਾ ਕਰਦਾ ਹੈ। ਕਿਲਵਿਖ–ਪਾਪ। ਅੰਜਨੁ–ਸੁਰਮਾ। ਸਾਰਿਆ–(ਅੱਖਾਂ ਵਿਚ) ਪਾਂਦਾ ਹੈ। ਅੰਦਰਹੁ–ਮਨ ਵਿਚੋਂ। ਸਚੈ–ਸਦਾ-ਥਿਰ (ਪਰਮਾਤਮਾ) ਨੇ। ਸਬਦੁ–ਬੋਲ। ਸਬਦੁ ਸਵਾਰਿਆ–ਬੋਲ ਸਵਾਰ ਦਿੱਤਾ (ਭਾਵ, ਖਰ੍ਹਵੇ ਬੋਲ ਨਿੰਦਾ ਆਦਿਕ ਦੇ ਬੋਲ ਨਹੀਂ ਬੋਲਦਾ)। ਏਹੁ ਅਨੰਦੁ ਹੈ–ਅਸਲ ਆਤਮਕ ਆਨੰਦ ਇਹ ਹੈ (ਕਿ ਮਨੁੱਖ ਦਾ ਖਰ੍ਹਵਾ ਤੇ ਨਿੰਦਾ ਆਦਿਕ ਵਾਲਾ ਸੁਭਾਉ ਹੀ ਨਹੀਂ ਰਹਿੰਦਾ)।

ਅਰਥ :–ਆਖਣ ਨੂੰ ਤਾਂ ਹਰ ਕੋਈ ਆਖ ਦੇਂਦਾ ਹੈ ਕਿ ਮੈਨੂੰ ਆਨੰਦ ਪ੍ਰਾਪਤ ਹੋ ਗਿਆ ਹੈ, ਪਰ (ਅਸਲ) ਆਨੰਦ ਦੀ ਸੂਝ ਗੁਰੂ ਤੋਂ ਹੀ ਮਿਲਦੀ ਹੈ।

ਹੇ ਪਿਆਰੇ ਭਾਈ ! (ਅਸਲ) ਆਨੰਦ ਦੀ ਸੂਝ ਸਦਾ ਗੁਰੂ ਤੋਂ ਹੀ ਮਿਲਦੀ ਹੈ।

(ਉਹ ਮਨੁੱਖ ਅਸਲ ਆਨੰਦ ਨਾਲ ਸਾਂਝ ਪਾਂਦਾ ਹੈ, ਜਿਸ ਉਤੇ ਗੁਰੂ) ਕਿਰਪਾ ਕਰਦਾ ਹੈ। ਗੁਰੂ ਮੇਹਰ ਕਰ ਕੇ ਉਸ ਦੇ) (ਅੰਦਰੋਂ) ਪਾਪ ਕੱਟ ਦੇਂਦਾ ਹੈ, ਤੇ (ਉਸ ਦੀਆਂ ਵਿਚਾਰ-ਅੱਖਾਂ ਵਿਚ) ਆਤਮਕ ਜੀਵਨ ਦੀ ਸੂਝ ਦਾ ਸੁਰਮਾ ਪਾਂਦਾ ਹੈ।

ਜਿਨ੍ਹਾਂ ਮਨੁੱਖਾਂ ਦੇ ਮਨ ਵਿਚੋਂ ਮਾਇਆ ਦਾ ਮੋਹ ਮੁੱਕ ਜਾਂਦਾ ਹੈ, ਅਕਾਲਪੁਰਖ ਉਹਨਾਂ ਦਾ ਬੋਲ ਹੀ ਸੁਚੱਜਾ ਮਿੱਠਾ ਕਰ ਦੇਂਦਾ ਹੈ।

ਨਾਨਕ ਆਖਦਾ ਹੈ—ਅਸਲ ਆਨੰਦ ਇਹੀ ਹੈ, ਤੇ ਇਹ ਆਨੰਦ ਗੁਰੂ ਤੋਂ ਹੀ ਸਮਝਿਆ ਜਾ ਸਕਦਾ ਹੈ। ੭।

ਭਾਵ :—ਜਿਸ ਮਨੁੱਖ ਨੂੰ ਅਸਲ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਉਸ ਦਾ ਜੀਵਨ ਇਤਨਾ ਪਿਆਰ ਵਾਲਾ ਬਣ ਜਾਂਦਾ ਹੈ ਕਿ ਉਹ ਸਦਾ ਮਿੱਠ-ਬੋਲਾ ਰਹਿੰਦਾ ਹੈ। ਇਹ ਆਤਮਕ ਆਨੰਦ ਗੁਰੂ ਤੋਂ ਮਿਲਦਾ ਹੈ। ਗੁਰੂ ਉਸ ਮਨੁੱਖ ਦੇ ਅੰਦਰੋਂ ਸਾਰੇ ਵਿਕਾਰ ਦੂਰ ਕਰ ਦੇਂਦਾ ਹੈ, ਤੇ ਉਸ ਨੂੰ ਆਤਮਕ ਜੀਵਨ ਦੀ ਸਮਝ ਬਖ਼ਸ਼ਦਾ ਹੈ।

ਬਾਬਾ, ਜਿਸੁ ਤੂ ਦੇਹਿ, ਸੋਈ ਜਨੁ ਪਾਵੈ ॥ ਪਾਵੈ ਤ ਸੋ ਜਨੁ, ਦੇਹਿ ਜਿਸ ਨੋ, ਹੋਰਿ ਕਿਆ ਕਰਹਿ ਵੇਚਾਰਿਆ ॥ ਇਕਿ ਭਰਮਿ ਭੂਲੇ ਫਿਰਹਿ ਦਹਦਿਸਿ, ਇਕਿ ਨਾਮਿ ਲਾਗਿ ਸਵਾਰਿਆ ॥ ਗੁਰ ਪਰਸਾਦੀ ਮਨੁ ਭਇਆ ਨਿਰਮਲੁ, ਜਿਨਾ ਭਾਣਾ ਭਾਵਏ ॥ ਕਹੈ ਨਾਨਕੁ, ਜਿਸੁ ਦੇਹਿ ਪਿਆਰੇ, ਸੋਈ ਜਨੁ ਪਾਵਏ ॥੮॥ [ਪੰਨਾ ੯੧੭]

ਪਦ ਅਰਥ :—ਬਾਬਾ—ਹੇ ਹਰੀ ! ਦੇਹਿ—(ਆਨੰਦ ਦੀ ਦਾਤਿ) ਦੇਂਦਾ ਹੈਂ। ਹੋਰਿ ਵੇਚਾਰਿਆ—ਹੋਰ ਵਿਚਾਰੇ ਜੀਵ। ਕਿਆ ਕਰਹਿ—ਕੀਹ ਕਰ ਸਕਦੇ ਹਨ ? ਮਾਇਆ ਅੱਗੇ ਉਹਨਾਂ ਦੀ ਪੇਸ਼ ਨਹੀਂ ਜਾਂਦੀ। ਇਕਿ—ਕਈ ਜੀਵ। ਭਰਮਿ—(ਮਾਇਆ ਦੀ) ਭਟਕਣਾ ਵਿਚ। ਦਹਦਿਸਿ—ਦਸੀਂ ਪਾਸੀਂ। ਭਾਣਾ—ਰਜ਼ਾ।

ਅਰਥ :—ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ (ਆਤਮਕ ਆਨੰਦ ਦੀ ਦਾਤਿ) ਦੇਂਦਾ ਹੈਂ ਉਹ ਪ੍ਰਾਪਤ ਕਰਦਾ ਹੈ, ਉਹੀ ਮਨੁੱਖ (ਇਸ ਦਾਤਿ ਨੂੰ) ਮਾਣਦਾ ਹੈ ਜਿਸ ਨੂੰ ਤੂੰ ਦੇਂਦਾ ਹੈਂ, ਹੋਰਨਾਂ ਵਿਚਾਰਿਆਂ ਦੀ (ਮਾਇਆ ਦੇ ਹੜ ਅੱਗੇ) ਕੋਈ ਪੇਸ਼ ਨਹੀਂ ਜਾਂਦੀ। ਕਈ ਬੰਦੇ ਮਾਇਆ ਦੀ) ਭਟਕਣਾ ਵਿਚ (ਅਸਲ ਰਸਤੇ ਤੋਂ) ਭੁੱਲੇ ਹੋਏ ਦਸੀਂ ਪਾਸੀਂ ਦੌੜਦੇ (ਫਿਰਦੇ ਹਨ, ਕਈ (ਭਾਗਾਂ ਵਾਲਿਆਂ ਨੂੰ) ਤੂੰ ਆਪਣੇ ਨਾਮ ਵਿਚ ਜੋੜ ਕੇ (ਉਹਨਾਂ ਦਾ ਜਨਮ) ਸਵਾਰ ਦੇਂਦਾ ਹੈਂ। (ਇਸ ਤਰ੍ਹਾਂ ਤੇਰੀ ਮੇਹਰ ਨਾਲ) ਜਿਨ੍ਹਾਂ ਨੂੰ ਤੇਰੀ ਰਜ਼ਾ ਪਿਆਰੀ ਲੱਗਣ ਲੱਗ ਪੈਂਦੀ ਹੈ, ਗੁਰੂ ਦੀ ਕਿਰਪਾ ਨਾਲ ਉਹਨਾਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ (ਤੇ ਉਹ ਆਤਮਕ ਆਨੰਦ ਮਾਣਦੇ ਹਨ, ਪਰ)

ਨਾਨਕ ਆਖਦਾ ਹੈ—(ਹੇ ਪ੍ਰਭੂ !) ਜਿਸ ਨੂੰ ਤੂੰ (ਆਤਮਕ ਆਨੰਦ ਦੀ ਦਾਤਿ)

ਬਖ਼ਸ਼ਦਾ ਹੈਂ ਉਹੀ ਇਸ ਨੂੰ ਮਾਣ ਸਕਦਾ ਹੈ । ੮ ।

ਭਾਵ :–ਆਪਣੇ ਉੱਦਮ ਨਾਲ ਕੋਈ ਪ੍ਰਾਣੀ ਆਤਮਕ ਆਨੰਦ ਨਹੀਂ ਮਾਣ ਸਕਦਾ ਕਿਉਂਕਿ ਮਾਇਆ ਦੇ ਟਾਕਰੇ ਤੇ ਕਿਸੇ ਦੀ ਪੇਸ਼ ਨਹੀਂ ਜਾਂਦੀ । ਜਿਨ੍ਹਾਂ ਉਤੇ ਪਰਮਾਤਮਾ ਮਿਹਰ ਕਰਦਾ ਹੈ, ਉਹਨਾਂ ਨੂੰ ਗੁਰੂ ਮਿਲਾਂਦਾ ਹੈ । ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਉਹ ਵਿਕਾਰਾਂ ਵਲੋਂ ਬਚਦੇ ਹਨ,ਤੇ, ਹਰਿ-ਨਾਮ ਵਿਚ ਜੁੜਦੇ ਹਨ । ਉਹਨਾਂ ਅੰਦਰ ਸਦਾ ਸ਼ਾਂਤੀ ਤੇ ਠੰਢ ਹੀ ਬਣੀ ਰਹਿੰਦੀ ਹੈ ।

ਆਵਹੁ ਸੰਤ ਪਿਆਰਿਹੋ, ਅਕਥ ਕੀ ਕਰਹ ਕਹਾਣੀ ॥ ਕਰਹਾ ਕਹਾਣੀ ਅਕਥ ਕੇਰੀ, ਕਿਤੁ ਦੁਆਰੇ ਪਾਈਐ ॥ ਤਨੁ ਮਨੁ ਧਨੁ ਸਭੁ ਸਉਪਿ ਗੁਰ ਕਉ, ਹੁਕਮਿ ਮੰਨਿਐ ਪਾਈਐ ॥ ਹੁਕਮੁ ਮੰਨਿਹੁ ਗੁਰੂ ਕੇਰਾ, ਗਾਵਹੁ ਸਚੀ ਬਾਣੀ ॥ ਕਹੈ ਨਾਨਕੁ ਸੁਣਹੁ ਸੰਤਹੁ, ਕਥਿਹੁ ਅਕਥ ਕਹਾਣੀ ॥ ੯ ॥

[ਪੰਨਾ ੯੧੮]

ਪਦ ਅਰਥ :–ਅਕਥ–ਜਿਸ ਦੇ ਸਾਰੇ ਗੁਣ ਬਿਆਨ ਨ ਕੀਤੇ ਜਾ ਸਕਣ। ਕਰਹ –ਅਸੀ ਕਰੀਏ । ਕਿਤੁ ਦੁਆਰੈ–ਕਿਸ ਵਸੀਲੇ ਨਾਲ ? ਸਉਪਿ–ਹਵਾਲੇ ਕਰ ਦਿਹੁ। ਹੁਕਮਿ ਮੰਨਿਐ–ਜੇ (ਪ੍ਰਭੂ ਦਾ) ਹੁਕਮ (ਸਿਰ ਮੱਥੇ ਤੇ) ਮੰਨ ਲਿਆ ਜਾਏ । ਕੇਰਾ–ਦਾ । ਕੇਰੀ–ਦੀ ।

ਅਰਥ :–ਹੇ ਪਿਆਰੇ ਸੰਤ ਜਨੋ ! ਆਓ, ਅਸੀ (ਰਲ ਕੇ)ਬੇਅੰਤ ਗੁਣਾਂ ਵਾਲੇ ਪਰਮਾਤਮਾ ਦੀਆਂ ਸਿਫ਼ਤਿ ਸਾਲਾਹ ਦੀਆਂ ਗੱਲਾਂ ਕਰੀਏ,ਉਸ ਪ੍ਰਭੂ ਦੀਆਂ ਕਹਾਣੀਆਂ ਸੁਣੀਏ ਸੁਣਾਈਏ ਜਿਸ ਦੇ ਗੁਣ ਬਿਆਨ ਤੋਂ ਪਰੇ ਹਨ । (ਪਰ ਜੇ ਤੁਸੀ ਪੁੱਛੋ ਕਿ) ਉਹ ਪ੍ਰਭੂ ਕਿਸ ਤਰੀਕੇ ਨਾਲ ਮਿਲਦਾ ਹੈ (ਤਾਂ ਉੱਤਰ ਇਹ ਹੈ ਕਿ ਆਪਣਾ ਆਪ ਮਾਇਆ ਦੇ ਹਵਾਲੇ ਕਰਨ ਦੇ ਥਾਂ) ਆਪਣਾ ਤਨ ਮਨ ਧਨ ਸਭ ਕੁਝ ਗੁਰੂ ਦੇ ਹਵਾਲੇ ਕਰੋ (ਇਸ ਤਰ੍ਹਾਂ) ਜੇ ਗੁਰੂ ਦਾ ਹੁਕਮ ਮਿੱਠਾ ਲੱਗਣ ਲੱਗ ਪਏ ਤਾਂ ਪਰਮਾਤਮਾ ਮਿਲ ਪੈਂਦਾ ਹੈ ।

(ਸੋ, ਸੰਤ ਜਨੋ !) ਗੁਰੂ ਦੇ ਹੁਕਮ ਉਤੇ ਤੁਰੋ, ਤੇ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਬਾਣੀ ਗਾਇਆ ਕਰੋ। ਨਾਨਕ ਆਖਦਾ ਹੈ–ਹੇ ਸੰਤ ਜਨੋ! ਸੁਣੋ, (ਉਸ ਨੂੰ ਮਿਲਣ ਦਾ ਅਤੇ ਆਤਮਕ ਆਨੰਦ ਮਾਨਣ ਦਾ ਸਹੀ ਰਸਤਾ ਇਹੀ ਹੈ ਕਿ) ਉਸ ਅਕੱਥ ਪ੍ਰਭੂ ਦੀਆਂ ਕਹਾਣੀਆਂ ਕਰਿਆ ਕਰੋ । ੯ ।

ਭਾਵ: ਆਤਮਕ ਆਨੰਦ ਦੇ ਦਾਤੇ ਪਰਮਾਤਮਾ ਦੇ ਮਿਲਾਪ ਦਾ ਇਕੋ ਇਕ ਰਸਤਾ ਹੈ, ਉਹ ਇਹ ਹੈ ਕਿ ਮਨੁੱਖ ਆਪਣਾ ਆਪ ਗੁਰੂ ਦੇ ਹਵਾਲੇ ਕਰ ਦੇਵੇ। ਬੱਸ ! ਗੁਰੂ ਦੇ ਦੱਸੇ ਰਸਤੇ ਉਤੇ ਤੁਰੇ ਅਤੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੇ ਗੀਤ ਗਾਂਦਾ ਰਹੇ। ਅੰਦਰ ਆਨੰਦ ਹੀ ਆਨੰਦ ਬਣਿਆ ਰਹੇਗਾ ।

ਏ ਮਨ ਚੰਚਲਾ, ਚਤੁਰਾਈ ਕਿਨੈ ਨ ਪਾਇਆ ॥ ਚਤੁਰਾਈ ਨ

ਪਾਇਆ ਕਿਨੈ, ਤੂ ਸੁਣਿ ਮੰਨ ਮੇਰਿਆ ॥ ਏਹ ਮਾਇਆ ਮੋਹਣੀ, ਜਿਨਿ ਏਤੁ ਭਰਮਿ ਭੁਲਾਇਆ ॥ ਮਾਇਆ ਤ ਮੋਹਣੀ ਤਿਨੈ ਕੀਤੀ, ਜਿਨਿ ਠਗਉਲੀ ਪਾਈਆ ॥ ਕੁਰਬਾਣੁ ਕੀਤਾ ਤਿਸੈ ਵਿਟਹੁ, ਜਿਨਿ ਮੋਹ ਮੀਠਾ ਲਾਇਆ ॥ ਕਹੈ ਨਾਨਕੁ ਮਨ ਚੰਚਲ, ਚਤੁਰਾਈ ਕਿਨੈ ਨ ਪਾਇਆ॥ ੧੦ ॥ [੯੧੯]

ਪਦ ਅਰਥ :–ਕਿਨੈ–ਕਿਸੇ ਮਨੁੱਖ ਨੇ ਭੀ। ਮੰਨ ਮੇਰਿਆ–ਹੇ ਮੇਰੇ ਮਨ! [ਲਫ਼ਜ਼ 'ਮੰਨ' ਦੀ ੰ ਇਕ ਮਾਤ੍ਰਾ ਵਧਾਣ ਵਾਸਤੇ ਹੀ ਹੈ, ਅਸਲ ਲਫ਼ਜ਼ 'ਮਨ' ਹੀ ਹੈ]। ਜਿਨਿ–ਜਿਸ (ਮਾਇਆ) ਨੇ। ਏਤੁ ਭਰਮਿ–ਇਸ ਭੁਲੇਖੇ ਵਿਚ ਕਿ ਮੋਹ ਇਕ ਮਿੱਠੀ ਚੀਜ਼ ਹੈ। ਭੁਲਾਇਆ–ਕੁਰਾਹੇ ਪਾ ਦਿੱਤਾ। ਤਿਨੈ–ਉਸੇ (ਪ੍ਰਭੂ) ਨੇ। ਜਿਨਿ–ਜਿਸ (ਪ੍ਰਭੂ) ਨੇ। ਠਗਉਲੀ–ਠਗ-ਬੂਟੀ। ਕੁਰਬਾਣੁ–ਸਦਕੇ, ਵਾਰਨੇ। ਵਿਟਹੁ–ਤੋਂ।

ਅਰਥ :–ਹੇ ਚੰਚਲ ਮਨ! ਚਲਾਕੀਆਂ ਨਾਲ ਕਿਸੇ ਨੇ ਭੀ (ਆਤਮਕ ਆਨੰਦ) ਹਾਸਲ ਨਹੀਂ ਕੀਤਾ। ਹੇ ਮੇਰੇ ਮਨ! ਤੂੰ (ਧਿਆਨ ਨਾਲ) ਸੁਣ ਲੈ ਕਿ ਕਿਸੇ ਜੀਵ ਨੇ ਭੀ ਚਤੁਰਾਈ ਨਾਲ (ਪਰਮਾਤਮਾ ਦੇ ਮਿਲਾਪ ਦਾ ਆਨੰਦ) ਪ੍ਰਾਪਤ ਨਹੀਂ ਕੀਤਾ, (ਅੰਦਰੋਂ ਸੋਹਣੀ ਮਾਇਆ ਵਿਚ ਭੀ ਫਸਿਆ ਰਹੇ, ਤੇ, ਬਾਹਰੋਂ ਨਿਰੀਆਂ ਗੱਲਾਂ ਨਾਲ ਆਤਮਕ ਆਨੰਦ ਚਾਹੇ, ਇਹ ਨਹੀਂ ਹੋ ਸਕਦਾ)।

ਇਹ ਮਾਇਆ ਜੀਵਾਂ ਨੂੰ ਆਪਣੇ ਮੋਹ ਵਿਚ ਫਸਾਣ ਲਈ ਬੜੀ ਡਾਢੀ ਹੈ, ਇਸ ਨੇ ਇਸ ਭੁਲੇਖੇ ਵਿਚ ਪਾਇਆ ਹੋਇਆ ਹੈ ਕਿ ਮੋਹ ਮਿੱਠੀ ਚੀਜ਼ ਹੈ, ਇਸ ਤਰ੍ਹਾਂ ਕੁਰਾਹੇ ਪਾਈ ਰੱਖਦੀ ਹੈ।

(ਪਰ ਜੀਵ ਦੇ ਭੀ ਕੀਹ ਵੱਸ?) ਜਿਸ ਪ੍ਰਭੂ ਨੇ ਮਾਇਆ ਦੇ ਮੋਹ ਦੀ ਠਗਬੂਟੀ (ਜੀਵਾਂ ਨੂੰ) ਚੰਬੋੜੀ ਹੈ ਉਸੇ ਨੇ ਇਹ ਮੋਹਣੀ ਮਾਇਆ ਪੈਦਾ ਕੀਤੀ ਹੈ।

(ਸੋ, ਹੇ ਮੇਰੇ ਮਨ! ਆਪਣੇ ਆਪ ਨੂੰ ਮਾਇਆ ਤੋਂ ਸਦਕੇ ਕਰਨ ਦੇ ਥਾਂ) ਉਸ ਪ੍ਰਭੂ ਤੋਂ ਹੀ ਸਦਕੇ ਕਰੋ ਜਿਸ ਨੇ ਮਿੱਠਾ ਮੋਹ ਲਾਇਆ ਹੈ (ਤਦੋਂ ਹੀ ਇਹ ਮਿੱਠਾ ਮੋਹ ਮੁੱਕਦਾ ਹੈ)।

ਨਾਨਕ ਆਖਦਾ ਹੈ–ਹੇ (ਮੇਰੇ) ਚੰਚਲ ਮਨ! ਚਤੁਰਾਈਆਂ ਨਾਲ ਕਿਸੇ ਨੇ (ਪਰਮਾਤਮਾ ਦੇ ਮਿਲਾਪ ਦਾ ਆਤਮਕ ਆਨੰਦ) ਨਹੀਂ ਲੱਭਾ। ੧੦।

ਭਾਵ–ਜੇ ਮਨੁੱਖ ਅੰਦਰੋਂ ਮਾਇਆ ਦੇ ਮੋਹ ਵਿਚ ਫਸਿਆ ਰਹੇ, ਤੇ, ਬਾਹਰੋਂ ਨਿਰੀਆਂ ਚਤੁਰਾਈ ਦੀਆਂ ਗੱਲਾਂ ਨਾਲ ਆਤਮਕ ਆਨੰਦ ਦੀ ਪ੍ਰਾਪਤੀ ਚਾਹੇ, ਇਹ ਨਹੀਂ ਹੋ ਸਕਦਾ।

ਏ ਮਨ ਪਿਆਰਿਆ, ਤੂ ਸਦਾ ਸਚੁ ਸਮਾਲੇ ॥ ਏਹੁ ਕੁਟੰਬੁ ਤੂ ਜਿ ਦੇਖਦਾ, ਚਲੈ ਨਾਹੀ ਤੇਰੈ ਨਾਲੇ ॥ ਸਾਥਿ ਤੇਰੈ ਚਲੈ ਨਾਹੀ, ਤਿਸੁ ਨਾਲਿ ਕਿਉ ਚਿਤੁ ਲਾਈਐ ॥ ਐਸਾ ਕੰਮੁ ਮੂਲੇ ਨ ਕੀਚੈ, ਜਿਤੁ ਅੰਤਿ ਪਛੋਤਾਈਐ ॥ ਸਤਿਗੁਰੂ ਕਾ ਉਪਦੇਸੁ ਸੁਣਿ ਤੂ, ਹੋਵੈ ਤੇਰੈ ਨਾਲੇ ॥ ਕਹੈ ਨਾਨਕੁ ਮਨ ਪਿਆਰੇ, ਤੂ ਸਦਾ ਸਚੁ ਸਮਾਲੇ ॥ ੧੧ ॥ [ਪੰਨਾ ੯੧੮]

ਪਦ ਅਰਥ :—ਸਮਾਲੇ—ਸਮਾਲਿ, ਚੇਤੇ ਰੱਖ । ਜਿ—ਜੇਹੜਾ । ਮੂਲੇ ਨ—ਬਿਲਕੁਲ ਨਹੀਂ । ਕੀਚੈ—ਕਰਨਾ ਚਾਹੀਦਾ । ਜਿਤੁ—ਜਿਸ ਕਰਕੇ । ਅੰਤਿ—ਅੰਤ ਵੇਲੇ, ਆਖ਼ਰ ਨੂੰ ।

ਅਰਥ :—ਹੇ ਪਿਆਰੇ ਮਨ!(ਜੇ ਤੂੰ ਸਦਾ ਦਾ ਆਤਮਕ ਆਨੰਦ ਲੋੜਦਾ ਹੈਂ ਤਾਂ) ਸਦਾ ਸੱਚੇ ਪ੍ਰਭੂ ਨੂੰ (ਆਪਣੇ ਅੰਦਰ) ਸੰਭਾਲ ਰੱਖ ! ਇਹ ਜੇਹੜਾ ਪਰਵਾਰ ਤੂੰ ਵੇਖਦਾ ਹੈਂ, ਇਸ ਨੇ ਤੇਰੇ ਨਾਲ ਨਹੀਂ ਨਿਭਣਾ ।

(ਹੇ ਭਾਈ !) ਇਸ ਪਰਵਾਰ ਦੇ ਮੋਹ ਵਿਚ ਕਿਉਂ ਫਸਦਾ ਹੈਂ ? ਇਸ ਨੇ ਤੇਰੇ ਨਾਲ ਤੋੜ ਸਦਾ ਦਾ ਸਾਥ ਨਹੀਂ ਨਿਬਾਹ ਸਕਣਾ । ਜਿਸ ਕੰਮ ਦੇ ਕੀਤਿਆਂ ਆਖ਼ਰ ਹੱਥ ਮਲਣੇ ਪੈਣ, ਉਹ ਕੰਮ ਕਦੇ ਭੀ ਕਰਨਾ ਨਹੀਂ ਚਾਹੀਦਾ ।

(ਹੇ ਭਾਈ !) ਸਤਿਗੁਰੂ ਦੀ ਸਿੱਖਿਆ (ਗਹੁ ਨਾਲ) ਸੁਣ, ਇਹ ਗੁਰ-ਉਪਦੇਸ਼ ਸਦਾ ਚੇਤੇ ਰੱਖਣਾ ਚਾਹੀਦਾ ਹੈ ।

ਨਾਨਕ ਆਖਦਾ ਹੈ—ਹੇ ਪਿਆਰੇ ਮਨ ! (ਜੇ ਤੂੰ ਆਨੰਦ ਲੋੜਦਾ ਹੈਂ ਤਾਂ) ਸਦਾ-ਥਿਰ ਪਰਮਾਤਮਾ ਨੂੰ ਹਰ ਵੇਲੇ (ਆਪਣੇ ਅੰਦਰ) ਸਾਂਭ ਕੇ ਰੱਖ । ੧੧ ।

ਨੋਟ—ਅਗਲੀ ਪਉੜੀ ਨੰ: ੧੨ ਨੂੰ ਇਸ ਪਉੜੀ ਦੇ ਨਾਲ ਰਲਾ ਕੇ ਪੜ੍ਹਨਾ ਹੈ, ਤੇ ਇਉਂ ਅਰਥ ਕਰਨਾ ਹੈ :—ਤੂੰ ਸਦਾ ਪ੍ਰਭੂ ਨੂੰ ਆਪਣੇ ਅੰਦਰ ਸੰਭਾਲ ਕੇ ਰੱਖ ਤੇ ਆਖ—ਹੇ ਅਗਮ ਅਗੋਚਰ !

ਭਾਵ—ਸਦਾ ਦੇ ਆਤਮਕ ਆਨੰਦ ਦੀ ਪ੍ਰਾਪਤੀ ਦਾ ਇਕੋ ਇਕ ਤਰੀਕਾ ਹੈ ਕਿ ਮਨੁੱਖ ਦੁਨੀਆ ਵਾਲੇ ਮੋਹ ਵਿਚ ਫਸੇ ਰਹਿਣ ਦੇ ਥਾਂ ਆਪਣੇ ਮਨ ਵਿਚ ਪਰਮਾਤਮਾ ਦੀ ਯਾਦ ਵਸਾਈ ਰੱਖੇ । ਬੱਸ ! ਇਹੀ ਹੈ ਗੁਰੂ ਦੀ ਸਿੱਖਿਆ ਜੋ ਕਦੇ ਭੁਲਾਣੀ ਨਹੀਂ ਚਾਹੀਦੀ ।

ਅਗਮ ਅਗੋਚਰਾ, ਤੇਰਾ ਅੰਤੁ ਨ ਪਾਇਆ ॥ ਅੰਤੋ ਨ ਪਾਇਆ ਕਿਨੈ ਤੇਰਾ, ਆਪਣਾ ਆਪੁ ਤੂ ਜਾਣਹੇ ॥ ਜੀਅ ਜੰਤ ਸਭਿ ਖੇਲੁ ਤੇਰਾ, ਕਿਆ ਕੋ ਆਖਿ ਵਖਾਣਏ ॥ ਆਖਹਿ ਤ ਵੇਖਹਿ ਸਭੁ ਤੂ ਹੈ, ਜਿਨਿ ਜਗਤੁ

ਉਪਾਇਆ ॥ ਕਹੈ ਨਾਨਕੁ ਤੂ ਸਦਾ ਅਗੰਮੁ ਹੈ, ਤੇਰਾ ਅੰਤੁ ਨ ਪਾਇਆ ॥੧੨॥ [ਪੰਨਾ ੯੧੮]

ਪਦ ਅਰਥ :—ਅਗਮ—ਹੇ ਅਪਹੁੰਚ ਪ੍ਰਭੂ ! ਅਗੋਚਰਾ—ਹੇ ਅਗੋਚਰ ਹਰੀ ! ਅਗੋਚਰ—ਅ-ਗੋ-ਚਰ, ਜਿਸ ਤਕ ਗਿਆਨ ਇੰਦ੍ਰਿਆਂ ਦੀ ਪਹੁੰਚ ਨ ਹੋ ਸਕੇ। ਕਿਨੈ—ਕਿਸੇ ਨੇ ਭੀ। ਆਪੁ—ਆਪਣੇ ਸਰੂਪ ਨੂੰ। ਜਾਣਹੇ—ਜਾਣਹਿ, ਤੂੰ ਜਾਣਦਾ ਹੈਂ। ਸਭਿ—ਸਾਰੇ। ਆਖਿ—ਆਖ ਕੇ। ਵਖਾਣਏ—ਵਖਾਣੈ, ਬਿਆਨ ਕਰੇ। ਕੋ—ਕੋਈ ਜੀਵ ! ਆਖਹਿ—ਤੂੰ ਆਖਦਾ ਹੈਂ, ਤੂੰ ਬੋਲਦਾ ਹੈਂ। ਵੇਖਹਿ—ਤੂੰ ਸੰਭਾਲ ਕਰਦਾ ਹੈਂ। ਜਿਨਿ—ਜਿਸ ਤੈਂ ਨੇ।

ਅਰਥ :—(ਹੇ ਪਿਆਰੇ ਮਨ ! ਸਦਾ ਪ੍ਰਭੂ ਨੂੰ ਆਪਣੇ ਅੰਦਰ ਸੰਭਾਲ ਰੱਖ, ਤੇ ਉਸ ਦੇ ਅੱਗੇ ਇਉਂ ਅਰਜ਼ੋਈ ਕਰ—) ਹੇ ਅਪਹੁੰਚ ਹਰੀ ! ਹੇ ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਰਹਿਣ ਵਾਲੇ ਪ੍ਰਭੂ ! (ਤੇਰੇ ਗੁਣਾਂ ਦਾ) ਕਿਸੇ ਨੇ ਅੰਤ ਨਹੀਂ ਲੱਭਾ। ਆਪਣੇ (ਅਸਲ) ਸਰੂਪ ਨੂੰ ਤੂੰ ਆਪ ਹੀ ਜਾਣਦਾ ਹੈਂ, ਹੋਰ ਕੋਈ ਜੀਵ ਤੇਰੇ ਗੁਣਾਂ ਦਾ ਅਖ਼ੀਰ ਨਹੀਂ ਲੱਭ ਸਕਦਾ।

ਕੋਈ ਹੋਰ ਜੀਵ (ਤੇਰੇ ਗੁਣਾਂ ਨੂੰ) ਆਖ ਕੇ ਬਿਆਨ ਕਰੇ ਭੀ ਕਿਸ ਤਰ੍ਹਾਂ ? ਇਹ ਸਾਰੇ ਜੀਵ (ਤਾਂ) ਤੇਰਾ ਹੀ ਰਚਿਆ ਹੋਇਆ ਇਕ ਖੇਲ ਹੈ। ਹਰੇਕ ਜੀਵ ਵਿਚ ਤੂੰ ਆਪ ਹੀ ਬੋਲਦਾ ਹੈਂ, ਹਰੇਕ ਜੀਵ ਦੀ ਤੂੰ ਆਪ ਹੀ ਸੰਭਾਲ ਕਰਦਾ ਹੈਂ (ਤੂੰ ਹੀ ਕਰਦਾ ਹੈਂ) ਜਿਸ ਨੇ ਇਹ ਸੰਸਾਰ ਪੈਦਾ ਕੀਤਾ ਹੈ।

ਨਾਨਕ ਆਖਦਾ ਹੈ—(ਹੇ ਮੇਰੇ ਪਿਆਰੇ ਮਨ ! ਪ੍ਰਭੂ ਅੱਗੇ ਇਉਂ ਅਰਜ਼ੋਈ ਕਰ—) ਤੂੰ ਸਦਾ ਅਪਹੁੰਚ ਹੈਂ, (ਕਿਸੇ ਜੀਵ ਨੇ ਤੇਰੇ ਗੁਣਾਂ ਦਾ ਕਦੇ) ਅੰਤ ਨਹੀਂ ਲੱਭਾ।੧੨।

ਭਾਵ :—ਆਤਮਕ ਆਨੰਦ ਦੀ ਪ੍ਰਾਪਤੀ ਵਾਸਤੇ ਸਦਾ ਪ੍ਰਭੂ ਦੇ ਦਰ ਤੇ ਇਉਂ ਅਰਜ਼ੋਈ ਕਰਦੇ ਰਹਿਣਾ ਚਾਹੀਦਾ ਹੈ—ਹੇ ਪ੍ਰਭੂ ! ਤੂੰ ਬੇਅੰਤ ਹੈਂ, ਹਰੇਕ ਜੀਵ ਦੇ ਅੰਦਰ ਤੂੰ ਹੀ ਬੋਲ ਰਿਹਾ ਹੈ, ਹਰੇਕ ਜੀਵ ਦੀ ਤੂੰ ਹੀ ਸੰਭਾਲ ਕਰ ਰਿਹਾ ਹੈਂ।

ਸੁਰਿ ਨਰ ਮੁਨਿਜਨ ਅੰਮ੍ਰਿਤੁ ਖੋਜਦੇ, ਸੁ ਅੰਮ੍ਰਿਤੁ ਗੁਰ ਤੇ ਪਾਇਆ॥ ਪਾਇਆ ਅੰਮ੍ਰਿਤੁ, ਗੁਰਿ ਕ੍ਰਿਪਾ ਕੀਨੀ, ਸਚਾ ਮਨਿ ਵਸਾਇਆ ॥ ਜੀਅ ਜੰਤ ਸਭਿ ਤੁਧੁ ਉਪਾਏ, ਇਕਿ ਵੇਖਿ ਪਰਸਣਿ ਆਇਆ ॥ ਲਬੁ ਲੋਭੁ ਅਹੰਕਾਰੁ ਚੂਕਾ, ਸਤਿਗੁਰੂ ਭਲਾ ਭਾਇਆ ॥ ਕਹੈ ਨਾਨਕੁ, ਜਿਸ ਨੋ ਆਪਿ ਤੁਠਾ, ਤਿਨਿ ਅੰਮ੍ਰਿਤੁ ਗੁਰ ਤੇ ਪਾਇਆ ॥੧੩॥ [ਪੰਨਾ ੯੧੮]

ਪਦ ਅਰਥ :—ਸੁਰਿ—ਦੇਵਤੇ। ਮੁਨਿ ਜਨ—ਮੁਨੀ ਲੋਕ, ਰਿਸ਼ੀ। ਅੰਮ੍ਰਿਤੁ—

ਆਤਮਕ ਆਨੰਦ ਦੇਣ ਵਾਲਾ ਨਾਮ-ਜਲ। ਗੁਰਿ—ਗੁਰੂ ਨੇ। ਮਨਿ—ਮਨ ਵਿਚ। ਸਭਿ—ਸਾਰੇ। ਇਕਿ—ਕਈ ਜੀਵ। ਵੇਖਿ—(ਗੁਰੂ ਨੂੰ) ਵੇਖ ਕੇ। ਪਰਸਣਿ—(ਗੁਰੂ ਦੇ ਚਰਨ) ਪਰਸਣ ਲਈ। ਭਲਾ ਭਾਇਆ—ਮਿੱਠਾ ਲੱਗਦਾ ਹੈ, ਪਿਆਰਾ ਲੱਗਦਾ ਹੈ। ਤੇ—ਤੋਂ।

ਅਰਥ :—(ਆਤਮਕ ਆਨੰਦ ਇਕ ਐਸਾ) ਅੰਮ੍ਰਿਤ (ਹੈ ਜਿਸ) ਨੂੰ ਦੇਵਤੇ ਮਨੁੱਖ ਮੁਨੀ ਲੋਕ ਲੱਭਦੇ ਫਿਰਦੇ ਹਨ, (ਪਰ) ਇਹ ਅੰਮ੍ਰਿਤ ਗੁਰੂ ਤੋਂ ਹੀ ਮਿਲਦਾ ਹੈ। ਜਿਸ ਮਨੁੱਖ ਉੱਤੇ ਗੁਰੂ ਨੇ ਮੇਹਰ ਕੀਤੀ ਉਸ ਨੇ (ਇਹ) ਅੰਮ੍ਰਿਤ ਪ੍ਰਾਪਤ ਕਰ ਲਿਆ (ਕਿਉਂਕਿ) ਉਸ ਨੇ ਸਦਾ ਕਾਇਮ ਰਹਿਣ ਵਾਲਾ ਪ੍ਰਭੂ ਆਪਣੇ ਮਨ ਵਿਚ ਟਿਕਾ ਲਿਆ।

ਹੇ ਪ੍ਰਭੂ ! ਸਾਰੇ ਜੀਅ ਜੰਤ ਤੂੰ ਹੀ ਪੈਦਾ ਕੀਤੇ ਹਨ (ਤੂੰ ਹੀ ਇਹਨਾਂ ਨੂੰ ਪ੍ਰੇਰਦਾ ਹੈਂ, ਤੇਰੀ ਪ੍ਰੇਰਨਾ ਨਾਲ ਹੀ) ਕਈ ਜੀਵ (ਗੁਰੂ ਦਾ) ਦੀਦਾਰ ਕਰ ਕੇ (ਉਸ ਦੇ) ਚਰਨ ਛੁਹਣ ਆਉਂਦੇ ਹਨ, ਸਤਿਗੁਰੂ ਉਹਨਾਂ ਨੂੰ ਪਿਆਰਾ ਲੱਗਦਾ ਹੈ (ਸਤਿਗੁਰੂ ਦੀ ਕਿਰਪਾ ਨਾਲ ਉਹਨਾਂ ਦਾ) ਲੱਬ ਲੋਭ ਤੇ ਅਹੰਕਾਰ ਦੂਰ ਹੋ ਜਾਂਦਾ ਹੈ।

ਨਾਨਕ ਆਖਦਾ ਹੈ—ਪ੍ਰਭੂ ਜਿਸ ਮਨੁੱਖ ਉਤੇ ਪ੍ਰਸੰਨ ਹੁੰਦਾ ਹੈ, ਉਸ ਮਨੁੱਖ ਨੇ (ਆਤਮਕ ਆਨੰਦ-ਰੂਪ) ਅੰਮ੍ਰਿਤ ਗੁਰੂ ਤੋਂ ਪ੍ਰਾਪਤ ਕਰ ਲਿਆ ਹੈ। ੧੩।

ਭਾਵ :—ਜਿਸ ਮਨੁੱਖ ਉਤੇ ਪਰਮਾਤਮਾ ਮਿਹਰ ਕਰਦਾ ਹੈ ਉਸ ਨੂੰ ਗੁਰੂ ਮਿਲਦਾ ਹੈ। ਗੁਰੂ ਪਾਸੋਂ ਉਸ ਨੂੰ ਆਤਮਕ ਆਨੰਦ ਦੇਣ ਵਾਲਾ ਨਾਮ-ਜਲ ਮਿਲਦਾ ਹੈ। ਉਹ ਮਨੁੱਖ ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਆਪਣੇ ਹਿਰਦੇ ਵਿਚ ਵਸਾਈ ਰੱਖਦਾ ਹੈ। ਉਸ ਦੇ ਅੰਦਰੋਂ ਲੱਬ ਲੋਭ ਅਹੰਕਾਰ ਆਦਿਕ ਸਾਰੇ ਵਿਕਾਰ ਦੂਰ ਹੋ ਜਾਂਦੇ ਹਨ।

ਭਗਤਾ ਕੀ ਚਾਲ ਨਿਰਾਲੀ ॥ ਚਾਲਾ ਨਿਰਾਲੀ ਭਗਤਾਹ ਕੇਰੀ, ਬਿਖਮ ਮਾਰਗਿ ਚਲਣਾ ॥ ਲਬੁ ਲੋਭੁ ਅਹੰਕਾਰੁ ਤਜਿ ਤ੍ਰਿਸਨਾ, ਬਹੁਤੁ ਨਾਹੀ ਬੋਲਣਾ ॥ ਖੰਨਿਅਹੁ ਤਿਖੀ ਵਾਲਹੁ ਨਿਕੀ, ਏਤੁ ਮਾਰਗਿ ਜਾਣਾ ॥ ਗੁਰ ਪਰਸਾਦੀ ਜਿਨੀ ਆਪੁ ਤਜਿਆ, ਹਰਿ ਵਾਸਨਾ ਸਮਾਣੀ ॥ ਕਹੈ ਨਾਨਕੁ, ਚਾਲ ਭਗਤਾ ਜੁਗਹੁ ਜੁਗੁ ਨਿਰਾਲੀ॥੧੪॥ [ਪੰਨਾ ੯੧੮]

ਪਦ ਅਰਥ :—ਭਗਤ—ਆਤਮਕ ਆਨੰਦ ਮਾਨਣ ਵਾਲੇ ਬੰਦੇ। ਚਾਲ—ਜੀਵਨ ਜੁਗਤੀ। ਨਿਰਾਲੀ—ਵੱਖਰੀ। ਕੇਰੀ—ਦੀ। ਬਿਖਮ—ਔਖਾ। ਮਾਰਗਿ—ਰਾਹ ਉਤੇ। ਤਜਿ—ਤਿਆਗ ਕੇ। ਖੰਨਿਅਹੁ—ਖੰਡੇ ਨਾਲੋਂ, ਤਲਵਾਰ ਨਾਲੋਂ। ਵਾਲਹੁ—ਵਾਲ ਨਾਲੋਂ। ਨਿਕੀ—ਬਾਰੀਕ। ਏਤੁ ਮਾਰਗਿ—ਇਸ ਰਸਤੇ ਉਤੇ। ਆਪੁ—ਆਪਾ-ਭਾਵ। ਜੁਗਹੁ ਜੁਗੁ—ਹਰੇਕ ਜੁਗ ਵਿਚ, ਸਦਾ ਹੀ, ਹਰ ਸਮੇ।

ਅਰਥ :—(ਜੇਹੜੇ ਸੁਭਾਗ ਬੰਦੇ ਆਤਮਕ ਆਨੰਦ ਮਾਣਦੇ ਹਨ ਉਹੀ ਭਗਤ

ਹਨ ਤੇ ਉਹਨਾਂ) ਭਗਤਾਂ ਦੀ ਜੀਵਨ-ਜੁਗਤੀ (ਦੁਨੀਆਂ ਦੇ ਲੋਕਾਂ ਨਾਲੋਂ ਸਦਾ) ਵੱਖਰੀ ਹੁੰਦੀ ਹੈ, (ਇਹ ਪੱਕੀ ਗੱਲ ਹੈ ਕਿ ਉਹਨਾਂ) ਭਗਤਾਂ ਦੀ ਜੀਵਨ-ਜੁਗਤੀ (ਹੋਰਨਾਂ ਨਾਲੋਂ) ਵੱਖਰੀ ਹੁੰਦੀ ਹੈ। ਉਹ (ਬੜੇ) ਔਖੇ ਰਸਤੇ ਉਤੇ ਤੁਰਦੇ ਹਨ, ਉਹ ਲੱਬ ਲੋਭ ਅਹੰਕਾਰ ਤੇ ਮਾਇਆ ਦੀ ਤ੍ਰਿਸ਼ਨਾ ਤਿਆਗਦੇ ਹਨ ਤੇ ਬਹੁਤਾ ਨਹੀਂ ਬੋਲਦੇ (ਭਾਵ, ਆਪਣੀ ਸੋਭਾ ਨਹੀਂ ਕਰਦੇ ਫਿਰਦੇ)।

ਇਸ ਰਸਤੇ ਉਤੇ ਤੁਰਨਾ(ਬੜੀ ਔਖੀ ਖੇਡ ਹੈ ਕਿਉਂਕਿ ਇਹ ਰਸਤਾ) ਖੰਡੇ ਦੀ ਧਾਰ ਨਾਲੋਂ ਤ੍ਰਿੱਖਾ ਹੈ ਤੇ ਵਾਲ ਨਾਲੋਂ ਪਤਲਾ ਹੈ (ਇਸ ਉਤੋਂ ਡਿੱਗਣ ਦੀ ਭੀ ਸੰਭਾਵਨਾ ਹਰ ਵੇਲੇ ਬਣੀ ਰਹਿੰਦੀ ਹੈ ਕਿਉਂਕਿ ਦੁਨੀਆ ਵਾਲੀ ਵਾਸਨਾ ਮਨ ਦੀ ਅਡੋਲਤਾ ਨੂੰ ਧੱਕਾ ਦੇ ਦੇਂਦੀ ਹੈ)। ਪਰ ਜਿਨ੍ਹਾਂ ਨੇ ਗੁਰੂ ਦੀ ਕਿਰਪਾ ਨਾਲ ਆਪਾ-ਭਾਵ ਛੱਡ ਦਿੱਤਾ ਹੈ, ਉਹਨਾਂ ਦੀ (ਮਾਇਕ) ਵਾਸਨਾ ਹਰੀ-ਪ੍ਰਭੂ ਦੀ ਯਾਦ ਵਿਚ ਮੁੱਕ ਜਾਂਦੀ ਹੈ।

ਨਾਨਕ ਆਖਦਾ ਹੈ—(ਆਤਮਕ ਆਨੰਦ ਮਾਣਨ ਵਾਲੇ)ਭਗਤ ਜਨਾਂ ਦੀ ਜੀਵਨ-ਜੁਗਤੀ ਸਦਾ ਤੋਂ ਹੀ (ਦੁਨੀਆ ਨਾਲੋਂ) ਵੱਖਰੀ ਚਲੀ ਆ ਰਹੀ ਹੈ। ੧੪।

ਭਾਵ :—ਆਤਮਕ ਆਨੰਦ ਮਾਣਨ ਵਾਲਿਆਂ ਦੀ ਜੀਵਨ-ਜੁਗਤੀ ਦੁਨੀਆ ਦੇ ਲੋਕਾਂ ਨਾਲੋਂ ਵੱਖਰੀ ਹੁੰਦੀ ਹੈ। ਉਹ ਵਿਕਾਰਾਂ ਤੋਂ ਬਚੇ ਰਹਿੰਦੇ ਹਨ, ਉਹ ਆਪਣੀ ਸੋਭਾ ਨਹੀਂ ਲੋੜਦੇ। ਪਰ ਇਸ ਰਸਤੇ ਉਤੇ ਤੁਰਨਾ ਹੈ ਬਹੁਤ ਹੀ ਔਖਾ। ਗੁਰੂ ਦੀ ਹੀ ਮਿਹਰ ਹੋਵੇ ਤਾਂ ਆਪਾ-ਭਾਵ ਮੁਕਾਇਆ ਜਾ ਸਕਦਾ ਹੈ।

ਜਿਉ ਤੂ ਚਲਾਇਹਿ ਤਿਵ ਚਲਹ ਸੁਆਮੀ, ਹੋਰੁ ਕਿਆ ਜਾਣਾ ਗੁਣ ਤੇਰੇ ॥ ਜਿਵ ਤੂ ਚਲਾਇਹਿ ਤਿਵੈ ਚਲਹ, ਜਿਨਾ ਮਾਰਗਿ ਪਾਵਹੇ ॥ ਕਰਿ ਕਿਰਪਾ ਜਿਨ ਨਾਮਿ ਲਾਇਹਿ, ਸਿ ਹਰਿ ਹਰਿ ਸਦਾ ਧਿਆਵਹੇ ॥ ਜਿਸ ਨੋ ਕਥਾ ਸੁਣਾਇਹਿ ਆਪਣੀ, ਸਿ ਗੁਰ ਦੁਆਰੈ ਸੁਖੁ ਪਾਵਹੇ ॥ ਕਹੈ ਨਾਨਕੁ ਸਚੇ ਸਾਹਿਬ, ਜਿਉ ਭਾਵੈ ਤਿਵੈ ਚਲਾਵਹੇ ॥੧੫॥ [ਪੰਨਾ ੯੧੯]

ਪਦ ਅਰਥ :—ਚਲਹ—ਅਸੀ ਜੀਵ ਤੁਰਦੇ ਹਾਂ। ਹੋਰੁ—ਹੋਰ ਭੇਤ। ਕਿਆ ਜਾਣਾ ਮੈਂ ਨਹੀਂ ਜਾਣਦਾ। ਮਾਰਗਿ—(ਆਨੰਦ ਦੇ) ਰਸਤੇ ਉਤੇ। ਪਾਵਹੇ—ਪਾਵਹਿ, ਤੂੰ ਪਾਂਦਾ ਹੈਂ। ਲਾਇਹਿ—ਤੂੰ ਲਾਂਦਾ ਹੈਂ। ਸਿ—ਉਹ ਬੰਦੇ। ਧਿਆਵੇ—ਧਿਆਵਹਿ, ਧਿਆਉਂਦੇ ਹਨ। ਸੁਖੁ—ਆਤਮਕ ਆਨੰਦ। ਤਿਵੈ—ਉਸੇ ਤਰ੍ਹਾਂ, ਤਿਉਂ ਹੀ।

ਅਰਥ :—ਹੇ ਮਾਲਕ-ਪ੍ਰਭੂ ! ਜਿਵੇਂ ਤੂੰ(ਸਾਨੂੰ ਜੀਵਾਂ ਨੂੰ ਜੀਵਨ-ਸੜਕ ਉਤੇ)ਤੋਰਦਾ ਹੈਂ, ਤਿਵੇਂ ਅਸੀ ਤੁਰਦੇ ਹਾਂ (ਬੱਸ ! ਮੈਨੂੰ ਇਤਨੀ ਹੀ ਸੂਝ ਪਈ ਹੈ), ਤੇਰੇ ਗੁਣਾਂ ਦਾ ਹੋਰ ਭੇਤ ਮੈਂ ਨਹੀਂ ਜਾਣਦਾ। (ਮੈਂ ਇਹੀ ਸਮਝਿਆ ਹਾਂ ਕਿ) ਜਿਸ ਰਾਹੇ ਤੂੰ ਸਾਨੂੰ ਤੋਰਦਾ ਹੈਂ, ਉਸੇ ਰਾਹੇ ਅਸੀ ਤੁਰਦੇ ਹਾਂ।

ਜਿਨ੍ਹਾਂ ਬੰਦਿਆਂ ਨੂੰ (ਆਤਮਕ ਆਨੰਦ ਮਾਣਨ ਦੇ) ਰਸਤੇ ਉਤੇ ਤੋਰਦਾ ਹੈਂ, ਜਿਨ੍ਹਾਂ ਨੂੰ ਮੇਹਰ ਕਰ ਕੇ ਆਪਣੇ ਨਾਮ ਵਿਚ ਜੋੜਦਾ ਹੈਂ, ਉਹ ਬੰਦੇ ਸਦਾ ਹਰੀ-ਨਾਮ ਸਿਮਰਦੇ ਹਨ। ਜਿਸ ਜਿਸ ਮਨੁੱਖ ਨੂੰ ਤੂੰ ਆਪਣੀ ਸਿਫ਼ਤਿ ਸਾਲਾਹ ਦੀ ਬਾਣੀ ਸੁਣਾਉਂਦਾ ਹੈਂ (ਸੁਣਨ ਵਲ ਪ੍ਰੇਰਦਾ ਹੈਂ), ਉਹ ਬੰਦੇ ਗੁਰੂ ਦੇ ਦਰ ਤੇ (ਪਹੁੰਚ ਕੇ) ਆਤਮਕ ਆਨੰਦ ਮਾਣਦੇ ਹਨ।

ਨਾਨਕ ਆਖਦਾ ਹੈ—ਹੇ ਸਦਾ ਥਿਰ ਰਹਿਣ ਵਾਲੇ ਮਾਲਕ! ਜਿਵੇਂ ਤੈਨੂੰ ਚੰਗਾ ਲੱਗਦਾ ਹੈ, ਉਸੇ ਤਰ੍ਹਾਂ ਤੂੰ (ਸਾਨੂੰ ਜੀਵਾਂ ਨੂੰ) ਜੀਵਨ-ਰਾਹ ਉਤੇ ਤੋਰਦਾ ਹੈਂ। ੧੫।

ਭਾਵ :—ਆਤਮਕ ਆਨੰਦ ਦੀ ਦਾਤਿ ਨਿਰੋਲ ਪਰਮਾਤਮਾ ਦੇ ਆਪਣੇ ਹੱਥ ਵਿਚ ਹੈ। ਜਿਸ ਮਨੁੱਖ ਨੂੰ ਮਿਹਰ ਕਰ ਕੇ ਪਰਮਾਤਮਾ ਆਪਣਾ ਨਾਮ ਸਿਮਰਨ ਵਲ ਪ੍ਰੇਰਦਾ ਹੈ, ਉਹ ਮਨੁੱਖ ਗੁਰੂ ਦੇ ਦਰ ਤੇ ਪਹੁੰਚ ਕੇ ਸਿਮਰਨ ਦੀ ਬਰਕਤਿ ਨਾਲ ਆਤਮਕ ਆਨੰਦ ਮਾਣਦਾ ਹੈ।

ਏਹੁ ਸੋਹਿਲਾ ਸਬਦੁ ਸੁਹਾਵਾ॥ ਸਬਦੋ ਸੁਹਾਵਾ ਸਦਾ ਸੋਹਿਲਾ, ਸਤਿਗੁਰੂ ਸੁਣਾਇਆ॥ ਏਹੁ ਤਿਨ ਕੈ ਮੰਨਿ ਵਸਿਆ, ਜਿਨ ਧੁਰਹੁ ਲਿਖਿਆ ਆਇਆ॥ ਇਕਿ ਫਿਰਹਿ ਘਨੇਰੇ ਕਰਹਿ ਗਲਾ, ਗਲੀ ਕਿਨੈ ਨ ਪਾਇਆ॥ ਕਹੈ ਨਾਨਕੁ, ਸਬਦੁ ਸੋਹਿਲਾ, ਸਤਿਗੁਰੂ ਸੁਣਾਇਆ॥੧੬॥ [ਪੰਨਾ ੯੧੯]

ਪਦ ਅਰਥ :—ਸੋਹਿਲਾ—ਖ਼ੁਸ਼ੀ ਦਾ ਗੀਤ, ਆਨੰਦ ਦੇਣ ਵਾਲਾ ਗੀਤ। ਸੁਹਾਵਾ—ਸੋਹਣਾ। ਏਹੁ—ਇਹ ਸੋਹਿਲਾ। ਮੰਨਿ—ਮਨ ਵਿਚ [ਅੱਖਰ 'ਮ' ਦੀ ੰ ਸਿਰਫ਼ ਇਕ ਮਾਤ੍ਰਾਂ ਵਧਾਣ ਵਾਸਤੇ ਹੈ, ਅਸਲ ਲਫ਼ਜ਼ 'ਮਨ' ਹੀ ਹੈ]। ਇਕਿ—ਕਈ ਜੀਵ। ਗਲੀ—ਨਿਰੀਆਂ ਗੱਲਾਂ ਕਰਨ ਨਾਲ।

ਅਰਥ :—(ਸਤਿਗੁਰੂ ਦਾ) ਇਹ ਸੋਹਣਾ ਸ਼ਬਦ (ਆਤਮਕ) ਆਨੰਦ ਦੇਣ ਵਾਲਾ ਗੀਤ ਹੈ, (ਯਕੀਨ ਜਾਣੋ ਕਿ) ਸਤਿਗੁਰੂ ਨੇ ਜੇਹੜਾ ਸੋਹਣਾ ਸ਼ਬਦ ਸੁਣਾਇਆ ਹੈ ਉਹ ਸਦਾ ਆਤਮਕ ਆਨੰਦ ਦੇਣ ਵਾਲਾ ਹੈ। ਪਰ ਇਹ ਗੁਰ-ਸ਼ਬਦ ਉਹਨਾਂ ਦੇ ਮਨ ਵਿਚ ਵੱਸਦਾ ਹੈ ਜਿਨ੍ਹਾਂ ਦੇ ਮੱਥੇ ਤੇ ਧੁਰੋਂ ਲਿਖਿਆ ਲੇਖ ਉੱਘੜਦਾ ਹੈ।

ਬਥੇਰੇ ਅਨੇਕਾਂ ਐਸੇ ਬੰਦੇ ਫਿਰਦੇ ਹਨ (ਜਿਨ੍ਹਾਂ ਦੇ ਮਨ ਵਿਚ ਗੁਰ-ਸ਼ਬਦ ਤਾਂ ਨਹੀਂ ਵੱਸਿਆ, ਪਰ ਗਿਆਨ ਦੀਆਂ) ਗੱਲਾਂ ਕਰਦੇ ਹਨ। ਨਿਰੀਆਂ ਗੱਲਾਂ ਨਾਲ ਆਤਮਕ ਆਨੰਦ ਕਿਸੇ ਨੂੰ ਨਹੀਂ ਮਿਲਿਆ।

ਨਾਨਕ ਆਖਦਾ ਹੈ—ਸਤਿਗੁਰੂ ਦਾ ਸੁਣਾਇਆ ਹੋਇਆ ਸ਼ਬਦ ਹੀ ਆਤਮਕ ਆਨੰਦ-ਦਾਤਾ ਹੈ। ੧੬।

ਭਾਵ :—ਸਤਿਗੁਰੂ ਦੀ ਬਾਣੀ ਹੀ ਆਤਮਕ ਆਨੰਦ ਪ੍ਰਾਪਤ ਕਰਨ ਦਾ ਵਸੀਲਾ ਹੈ।

ਪਰ ਗੁਰਬਾਣੀ ਉਹਨਾਂ ਦੇ ਹੀ ਹਿਰਦੇ ਵਿਚ ਵੱਸਦੀ ਹੈ ਜਿਨ੍ਹਾਂ ਦੇ ਭਾਗਾਂ ਵਿਚ ਧੁਰੋਂ ਇਹ ਲੇਖ ਲਿਖਿਆ ਹੁੰਦਾ ਹੈ।

ਪਵਿਤੁ ਹੋਏ ਸੇ ਜਨਾ, ਜਿਨੀ ਹਰਿ ਧਿਆਇਆ ॥ ਹਰਿ ਧਿਆਇਆ ਪਵਿਤੁ ਹੋਏ, ਗੁਰਮੁਖਿ ਜਿਨ੍ਹੀ ਧਿਆਇਆ ॥ ਪਵਿਤੁ ਮਾਤਾ ਪਿਤਾ ਕੁਟੰਬ ਸਹਿਤ ਸਿਉ, ਪਵਿਤੁ ਸੰਗਤਿ ਸਬਾਈਆ ॥ ਕਹਦੇ ਪਵਿਤੁ, ਸੁਣਦੇ ਪਵਿਤੁ, ਸੇ ਪਵਿਤੁ ਜਿੰਨੀ ਮੰਨਿ ਵਸਾਇਆ ॥ ਕਹੈ ਨਾਨਕੁ ਸੇ ਪਵਿਤੁ, ਜਿੰਨੀ ਗੁਰਮੁਖਿ ਹਰਿ ਹਰਿ ਧਿਆਇਆ ॥ ੧੭ ॥ [ਪੰਨਾ ੯੧੯]

ਪਦ ਅਰਥ :–ਗੁਰਮੁਖਿ–ਗੁਰੂ ਦੀ ਸਰਨ ਪੈ ਕੇ। ਸਹਿਤ ਸਿਉ–ਸਮੇਤ। ਕੁਟੰਬ–ਪਰਵਾਰ। ਸਬਾਈਆ–ਸਾਰੀ ਹੀ। ਮੰਨਿ–ਮਨ ਵਿਚ।

ਅਰਥ :–(ਗੁਰ ਸ਼ਬਦ ਦਾ ਸਦਕਾ) ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਸਿਮਰਿਆ (ਉਹਨਾਂ ਦੇ ਅੰਦਰ ਐਸਾ ਆਨੰਦ ਪੈਦਾ ਹੋਇਆ ਕਿ ਮਾਇਆ ਵਾਲੇ ਰਸਾਂ ਦੀ ਉਹਨਾਂ ਨੂੰ ਖਿੱਚ ਹੀ ਨਾਂਹ ਰਹੀ, ਤੇ) ਉਹ ਬੰਦੇ ਪਵਿਤ੍ਰ ਜੀਵਨ ਵਾਲੇ ਬਣ ਗਏ। ਗੁਰੂ ਦੀ ਸਰਨ ਪੈ ਕੇ ਜਿਨ੍ਹਾਂ ਜਿਨ੍ਹਾਂ ਨੇ ਹਰੀ ਦਾ ਨਾਮ ਸਿਮਰਿਆ ਉਹ ਸੁੱਧ ਆਚਰਨ ਵਾਲੇ ਹੋ ਗਏ! (ਉਹਨਾਂ ਦੀ ਲਾਗ ਨਾਲ) ਉਹਨਾਂ ਦੇ ਮਾਤਾ ਪਿਤਾ ਪਰਵਾਰ ਦੇ ਜੀਵ ਪਵਿਤ੍ਰ-ਜੀਵਨ ਵਾਲੇ ਬਣੇ, ਜਿਨ੍ਹਾਂ ਜਿਨ੍ਹਾਂ ਨੇ ਉਹਨਾਂ ਦੀ ਸੰਗਤਿ ਕੀਤੀ ਉਹ ਸਾਰੇ ਪਵਿਤ੍ਰ ਹੋ ਗਏ।

ਹਰੀ-ਨਾਮ (ਇਕ ਐਸਾ ਆਨੰਦ ਦਾ ਸੋਮਾ ਹੈ ਕਿ ਇਸ ਨੂੰ) ਜਪਣ ਵਾਲੇ ਭੀ ਪਵਿਤ੍ਰ ਤੇ ਸੁਣਨ ਵਾਲੇ ਭੀ ਪਵਿਤ੍ਰ ਹੋ ਜਾਂਦੇ ਹਨ, ਜੇਹੜੇ ਇਸ ਨੂੰ ਮਨ ਵਿਚ ਵਸਾਂਦੇ ਹਨ ਉਹ ਭੀ ਪਵਿਤ੍ਰ ਹੋ ਜਾਂਦੇ ਹਨ।

ਨਾਨਕ ਆਖਦਾ ਹੈ–ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਪੈ ਕੇ ਹਰੀ-ਨਾਮ ਸਿਮ-ਰਿਆ ਹੈ ਉਹ ਸੁੱਧ ਆਚਰਨ ਵਾਲੇ ਹੋ ਗਏ ਹਨ। ੧੭।

ਭਾਵ–ਗੁਰੂ ਦੀ ਸਰਨ ਪੈ ਕੇ ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਸਿਮਰਦੇ ਹਨ, ਉਹਨਾਂ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਇਸ ਦੀ ਬਰਕਤਿ ਨਾਲ ਮਾਇਆ ਵਾਲੇ ਹੋਛੇ ਰਸ ਉਹਨਾਂ ਨੂੰ ਖਿੱਚ ਨਹੀਂ ਪਾ ਸਕਦੇ। ਉਹਨਾਂ ਦਾ ਜੀਵਨ ਉੱਚਾ ਹੋ ਜਾਂਦਾ ਹੈ, ਤੇ, ਉਹਨਾਂ ਦੀ ਲਾਗ ਨਾਲ ਹੋਰਨਾਂ ਦਾ ਆਚਰਨ ਭੀ ਪਵਿੱਤਰ ਹੋ ਜਾਂਦਾ ਹੈ।

ਕਰਮੀ ਸਹਜੁ ਨ ਊਪਜੈ, ਵਿਣੁ ਸਹਜੈ ਸਹਸਾ ਨ ਜਾਇ ॥ ਨਹ ਜਾਇ ਸਹਸਾ ਕਿਤੈ ਸੰਜਮਿ, ਰਹੇ ਕਰਮ ਕਮਾਏ ॥ ਸਹਸੈ ਜੀਉ ਮਲੀਣੁ

ਹੈ ਕਿਤੁ ਸੰਜਮਿ ਧੋਤਾ ਜਾਏ ॥ ਮੰਨੁ ਧੋਵਹੁ ਸਬਦਿ ਲਾਗਹੁ, ਹਰਿ ਸਿਉ ਰਹਹੁ ਚਿਤੁ ਲਾਇ ॥ ਕਹੈ ਨਾਨਕ, ਗੁਰ ਪਰਸਾਦੀ ਸਹਜੁ ਉਪਜੈ, ਇਹੁ ਸਹਸਾ ਇਵ ਜਾਇ ॥੧੮॥ [ਪੰਨਾ ੯੧੯]

ਪਦ ਅਰਥ :–ਕਰਮੀ–(ਬਾਹਰੋਂ ਧਾਰਮਿਕ ਜਾਪਦੇ) ਕੰਮਾਂ ਨਾਲ, ਕਰਮ ਕਾਂਡ ਦੀ ਰਾਹੀਂ । ਸਹਜੁ–ਅਡੋਲਤਾ, ਆਤਮਕ ਆਨੰਦ । ਸਹਸਾ–(ਮਾਇਆ ਦੇ ਮੋਹ ਤੋਂ ਪੈਦਾ ਹੋਇ) ਚਿੰਤਾ-ਸਹਿਮ । ਕਿਤੈ ਸੰਜਮਿ–ਕਿਸੇ ਜੁਗਤੀ ਨਾਲ । ਰਹੈ–ਥੱਕ ਗਏ । ਮਲੀਣੁ–ਮੈਲਾ । ਕਿਤੁ–ਕਿਸ ਦੀ ਰਾਹੀਂ ? ਕਿਤੁ ਸੰਜਮਿ–ਕਿਸ ਤਰੀਕੇ ਨਾਲ ? ਮੰਨੁ–ਮਨ । ਇਵ–ਇਸ ਤਰ੍ਹਾਂ ।

ਅਰਥ :–ਮਾਇਆ ਦੇ ਮੋਹ ਵਿਚ ਫਸੇ ਰਿਹਾਂ ਮਨ ਵਿਚ ਸਦਾ ਤੌਖ਼ਲਾ-ਸਹਿਮ ਬਣਿਆ ਰਹਿੰਦਾ ਹੈ, ਇਹ) ਤੌਖ਼ਲਾ-ਸਹਿਮ ਆਤਮਕ ਆਨੰਦ ਤੋਂ ਬਿਨਾ ਦੂਰ ਨਹੀਂ ਹੁੰਦਾ, (ਤੇ,) ਆਤਮਕ ਆਨੰਦ ਬਾਹਰੋਂ ਧਾਰਮਿਕ ਜਾਪਦੇ ਕਰਮ ਕੀਤਿਆਂ ਪੈਦਾ ਨਹੀਂ ਹੋ ਸਕਦਾ । ਅਨੇਕਾਂ ਬੰਦੇ (ਅਜੇਹੇ) ਕਰਮ ਕਰ ਕਰ ਕੇ ਹਾਰ ਗਏ ਹਨ, ਪਰ ਮਨ ਦਾ ਤੌਖ਼ਲਾ-ਸਹਿਮ ਅਜੇਹੇ ਕਿਸੇ ਤਰੀਕੇ ਨਾਲ ਨਹੀਂ ਜਾਂਦਾ । (ਜਿਤਨਾ ਚਿਰ) ਮਨ ਸਹਿਮ ਵਿਚ (ਹੈ ਉਤਨਾ ਚਿਰ) ਮੈਲਾ ਰਹਿੰਦਾ ਹੈ, ਮਨ ਦੀ ਇਹ ਮੈਲ ਕਿਸੇ (ਬਾਹਰਲੀ) ਜੁਗਤੀ ਨਾਲ ਨਹੀਂ ਧੁਪਦੀ ।

(ਹੇ ਭਾਈ !) ਗੁਰੂ ਦੇ ਸ਼ਬਦ ਵਿਚ ਜੁੜੋ, ਪਰਮਾਤਮਾ ਦੇ ਚਰਨਾਂ ਵਿਚ ਸਦਾ ਚਿੱਤ ਜੋੜੀ ਰੱਖੋ, (ਜੇ) ਮਨ (ਧੋਣਾ ਹੈ ਤਾਂ ਇਸ ਤਰ੍ਹਾਂ) ਧੋਵੋ ।

ਨਾਨਕ ਆਖਦਾ ਹੈ–ਗੁਰੂ ਦੀ ਕਿਰਪਾ ਨਾਲ ਹੀ (ਮਨੁੱਖ ਦੇ ਅੰਦਰ) ਆਤ-ਮਕ ਆਨੰਦ ਪੈਦਾ ਹੁੰਦਾ ਹੈ, ਤੇ ਇਸ ਤਰ੍ਹਾਂ ਮਨ ਦਾ ਤੌਖ਼ਲਾ-ਸਹਿਮ ਦੂਰ ਹੋ ਜਾਂਦਾ ਹੈ। ੧੮ ।

ਭਾਵ–ਮਾਇਆ ਦੇ ਮੋਹ ਵਿਚ ਫਸੇ ਰਿਹਾਂ ਮਨ ਵਿਚ ਤੌਖ਼ਲਾ-ਸਹਿਮ ਬਣਿਆ ਰਹਿੰਦਾ ਹੈ । ਇਸ ਤੌਖ਼ਲੇ-ਸਹਿਮ ਦਾ ਇਲਾਜ ਹੈ ਆਤਮਕ ਆਨੰਦ, ਤੇ, ਆਤਮਕ ਆਨੰਦ ਪ੍ਰਾਪਤ ਹੁੰਦਾ ਹੈ ਗੁਰੂ ਦੀ ਕਿਰਪਾ ਨਾਲ । ਸੋ, ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜੀ ਰੱਖੋ, ਤੇ, ਪਰਮਾਤਮਾ ਦੀ ਯਾਦ ਵਿਚ ਸਦਾ ਜੁੜੇ ਰਹੋ ।

ਜੀਅਹੁ ਮੈਲੇ ਬਾਹਰਹੁ ਨਿਰਮਲ ॥ ਬਾਹਰਹੁ ਨਿਰਮਲ ਜੀਅਹੁ ਤ ਮੈਲੇ, ਤਿਨੀ ਜਨਮੁ ਜੂਐ ਹਾਰਿਆ॥ਏਹ ਤਿਸਨਾ ਵਡਾ ਰੋਗੁ ਲਗਾ, ਮਰਣੁ ਮਨਹੁ ਵਿਸਾਰਿਆ ॥ ਵੇਦਾ ਮਹਿ ਨਾਮੁ ਉਤਮੁ, ਸੋ ਸੁਣਹਿ ਨਾਹੀ ਫਿਰਹਿ ਜਿਉ ਬੇਤਾਲਿਆ ॥ ਕਹੈ ਨਾਨਕੁ, ਜਿਨ ਸਚੁ ਤਜਿਆ, ਕੂੜੇ ਲਾਗੇ, ਤਿਨੀ

ਜਨਮੁ ਜੂਐ ਹਾਰਿਆ ।। ੧੯ ।। [ਪੰਨਾ ੯੧੯]

ਪਦ ਅਰਥ :–ਜੀਅਹੁ–ਜਿੰਦ ਤੋਂ, ਮਨ ਵਿਚੋਂ । ਤਿਨੀ–ਉਹਨਾਂ ਬੰਦਿਆਂ ਨੇ । ਮਰਣੁ–ਮੌਤ । ਬੇਤਾਲੇ–ਭੂਤਨੇ, ਤਾਲ ਤੋਂ, ਖੁੰਝੇ ਹੋਏ । ਜਿਨ–ਜਿਨ੍ਹਾਂ ਨੇ ।

ਅਰਥ :–(ਨਿਰੇ ਬਾਹਰੋਂ ਧਾਰਮਿਕ ਦਿੱਸਦੇ ਕਰਮ ਕਰਨ ਵਾਲੇ ਬੰਦੇ) ਮਨ ਵਿਚ (ਵਿਕਾਰਾਂ ਨਾਲ) ਮੈਲੇ ਰਹਿੰਦੇ ਹਨ ਤੇ ਸਿਰਫ਼ ਵੇਖਣ ਨੂੰ ਹੀ ਪਵਿਤ੍ਰ ਜਾਪਦੇ ਹਨ । ਤੇ, ਜੇਹੜੇ ਬੰਦੇ ਬਾਹਰੋਂ ਪਵਿਤ੍ਰ ਦਿੱਸਣ, ਉਂਞ ਮਨੋਂ ਵਿਕਾਰੀ ਹੋਣ, ਉਹਨਾਂ ਨੇ ਆਪਣਾ ਜੀਵਨ ਇਉਂ ਵਿਅਰਥ ਗਵਾ ਲਿਆ ਸਮਝੋ ਜਿਵੇਂ ਕੋਈ ਜੁਆਰੀਆ ਜੂਏ ਵਿਚ ਧਨ ਹਾਰ ਆਉਂਦਾ ਹੈ । (ਉਹਨਾਂ ਨੂੰ ਅੰਦਰੋ-ਅੰਦਰ) ਮਾਇਆ ਦੀ ਤ੍ਰਿਸ਼ਨਾ ਦਾ ਭਾਰਾ ਰੋਗ ਖਾਈ ਜਾਂਦਾ ਹੈ, (ਮਾਇਆ ਦੇ ਲਾਲਚ ਵਿਚ) ਮੌਤ ਨੂੰ ਉਹਨਾਂ ਭੁਲਾਇਆ ਹੁੰਦਾ ਹੈ । (ਲੋਕਾਂ ਦੀਆਂ ਨਜ਼ਰਾਂ ਵਿਚ ਧਾਰਮਿਕ ਦਿੱਸਣ ਵਾਸਤੇ ਉਹ ਆਪਣੇ ਬਾਹਰੋਂ ਧਾਰਮਿਕ ਦਿੱਸਦੇ ਕਰਮਾਂ ਦੀ ਵਡਿਆਈ ਦੱਸਣ ਲਈ ਵੇਦ ਆਦਿਕ ਧਰਮ-ਪੁਸਤਕਾਂ ਵਿਚੋਂ ਹਵਾਲੇ ਦੇਂਦੇ ਹਨ, ਪਰ) ਵੇਦ ਆਦਿਕ ਧਰਮ-ਪੁਸਤਕਾਂ ਵਿਚ ਜੋ ਪ੍ਰਭੂ ਦਾ ਨਾਮ ਜਪਣ ਦਾ ਉੱਤਮ ਉਪਦੇਸ਼ ਹੈ ਉਸ ਵਲ ਉਹ ਧਿਆਨ ਨਹੀਂ ਕਰਦੇ, ਤੇ ਭੂਤਾਂ ਵਾਂਗ ਹੀ ਜਗਤ ਵਿਚ ਵਿਚਰਦੇ ਹਨ (ਜੀਵਨ-ਤਾਲ ਤੋਂ ਖੁੰਝੇ ਰਹਿੰਦੇ ਹਨ) ।

ਨਾਨਕ ਆਖਦਾ ਹੈ–ਜਿਨ੍ਹਾਂ ਨੇ ਪਰਮਾਤਮਾ ਦਾ ਨਾਮ (-ਸਿਮਰਨ) ਛੱਡਿਆ ਹੋਇਆ ਹੈ, ਤੇ ਜੋ ਮਾਇਆ ਦੇ ਮੋਹ ਵਿਚ ਫਸੇ ਹੋਏ ਹਨ, ਉਹਨਾਂ ਆਪਣੀ ਜੀਵਨ-ਖੇਡ ਜੂਏ ਵਿਚ ਹਾਰ ਲਈ ਸਮਝੋ ।

ਭਾਵ–ਨਿਰੇ ਬਾਹਰੋਂ ਧਾਰਮਿਕ ਦਿੱਸਦੇ ਕਰਮ ਕਰਨ ਨਾਲ ਮਨ ਦੀ ਵਿਕਾਰਾਂ ਦੀ ਮੈਲ ਟਿਕੀ ਰਹਿੰਦੀ ਹੈ, ਮਨ ਨੂੰ ਮਾਇਆ ਦੇ ਮੋਹ ਦਾ ਰੋਗ ਚੰਬੜਿਆ ਰਹਿੰਦਾ ਹੈ । ਜਿੱਥੇ ਰੋਗ ਹੈ ਉਥੇ ਆਨੰਦ ਕਿੱਥੇ ? ਸੋ, ਸਦਾ ਹਰਿ-ਨਾਮ ਸਿਮਰਦੇ ਰਹੋ । ਇਹੀ ਹੈ ਮਨ ਦੀ ਅਰੋਗਤਾ ਦਾ ਵਸੀਲਾ, ਤੇ ਆਤਮਕ ਆਨੰਦ ਦੇਣ ਵਾਲਾ ।

ਜੀਅਹੁ ਨਿਰਮਲ ਬਾਹਰਹੁ ਨਿਰਮਲ ।। ਬਾਹਰਹੁ ਤ ਨਿਰਮਲ ਜੀਅਹੁ ਨਿਰਮਲ ਸਤਿਗੁਰ ਤੇ ਕਰਣੀ ਕਮਾਣੀ ।। ਕੂੜ ਕੀ ਸੋਇ ਪਹੁਚੈ ਨਾਹੀ ਮਨਸਾ ਸਚਿ ਸਮਾਣੀ ।। ਜਨਮੁ ਰਤਨੁ ਜਿਨੀ ਖਟਿਆ ਭਲੇ ਸੇ ਵਣਜਾਰੇ ।। ਕਹੈ ਨਾਨਕੁ ਜਿਨ ਮੰਨੁ ਨਿਰਮਲੁ ਸਦਾ ਰਹਹਿ ਗੁਰ ਨਾਲੇ।। ੨੦ ।। [ਪੰਨਾ ੯੧੯]

ਪਦ ਅਰਥ :–ਸਤਿਗੁਰ ਤੇ–ਗੁਰੂ ਤੋਂ (ਮਿਲੀ ਹੋਈ), ਜਿਸ ਦਾ ਉਪਦੇਸ਼ ਗੁਰੂ ਤੋਂ ਮਿਲਿਆ ਹੈ । ਕਰਣੀ–ਆਚਰਨ, ਕਰਨ-ਜੋਗ ਕੰਮ । ਕਮਾਣੀ–ਕਮਾਈ ਹੈ । ਕੂੜ–

ਮਾਇਆ ਦਾ ਮੋਹ। ਸੋਇ-ਖ਼ਬਰ। ਮਨਸਾ-ਮਨ ਦਾ ਫੁਰਨਾ, ਮਨ ਵਿਚ ਮਾਇਆ ਦੇ ਮੋਹ ਦਾ ਫੁਰਨਾ। ਸਚਿ-ਪ੍ਰਭੂ ਦੇ ਸਿਮਰਨ ਵਿਚ। ਵਣਜਾਰੇ-(ਜਗਤ ਵਿਚ ਭਗਤੀ ਦਾ) ਵਣਜ ਕਰਨ ਆਏ ਬੰਦੇ। ਮੰਨੁ-ਮਨ।

ਅਰਥ :-ਜੋ ਬੰਦੇ (ਆਚਰਨ-ਉਸਾਰੀ ਦੀ) ਉਹ ਕਮਾਈ ਕਰਦੇ ਹਨ ਜਿਸ ਦੀ ਹਿਦਾਇਤ ਗੁਰੂ ਤੋਂ ਮਿਲਦੀ ਹੈ, ਉਹ ਮਨੋਂ ਭੀ ਪਵਿਤ੍ਰ ਹੁੰਦੇ ਹਨ, ਤੇ ਬਾਹਰੋਂ ਭੀ ਪਵਿਤ੍ਰ ਹੁੰਦੇ ਹਨ (ਭਾਵ, ਉਹਨਾਂ ਦਾ ਜਗਤ ਨਾਲ ਵਰਤਾਰਾ ਭੀ ਸੁਚੱਜਾ ਹੁੰਦਾ ਹੈ), ਉਹ ਬਾਹਰੋਂ ਭੀ ਪਵਿਤ੍ਰ ਤੇ ਅੰਦਰੋਂ ਭੀ ਸੁੱਚੇ ਰਹਿੰਦੇ ਹਨ। ਉਹਨਾਂ ਦੇ ਮਨ ਦਾ ਮਾਇਕ ਫੁਰਨਾ ਸਿਮਰਨ ਵਿਚ ਹੀ ਮੁੱਕ ਜਾਂਦਾ ਹੈ, (ਉਹਨਾਂ ਦੇ ਅੰਦਰ ਇਤਨਾ ਆਤਮਕ ਆਨੰਦ ਬਣਦਾ ਹੈ ਕਿ) ਮਾਇਆ ਦੇ ਮੋਹ ਦੀ ਖ਼ਬਰ ਤਕ ਉਹਨਾਂ ਦੇ ਮਨ ਤਕ ਨਹੀਂ ਪਹੁੰਚਦੀ।

(ਜੀਵ ਜਗਤ ਵਿਚ ਆਤਮਕ ਆਨੰਦ ਦਾ ਵੱਖਰ ਵਿਹਾਝਣ ਆਏ ਹਨ) ਉਹੀ ਜੀਵ-ਵਪਾਰੀ ਚੰਗੇ ਕਹੇ ਜਾਂਦੇ ਹਨ ਜਿਨ੍ਹਾਂ ਨੇ (ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਨਾਮ-ਕਮਾਈ ਕਰ ਕੇ) ਸ੍ਰੇਸ਼ਟ ਮਨੁੱਖਾ ਜਨਮ ਸਫਲਾ ਕਰ ਲਿਆ।

ਨਾਨਕ ਆਖਦਾ ਹੈ-ਜਿਨ੍ਹਾਂ ਬੰਦਿਆਂ ਦਾ ਮਨ ਪਵਿਤ੍ਰ ਹੋ ਜਾਂਦਾ ਹੈ (ਜਿਨ੍ਹਾਂ ਦੇ ਅੰਦਰ ਆਤਮਕ ਆਨੰਦ ਬਣ ਜਾਂਦਾ ਹੈ) ਉਹ (ਅੰਤਰ ਆਤਮੇ) ਸਦਾ ਗੁਰੂ ਦੇ ਚਰਨਾਂ ਵਿਚ ਰਹਿੰਦੇ ਹਨ। ੨੦।

ਭਾਵ :-ਮਨੁੱਖ ਜਗਤ ਵਿਚ ਆਤਮਕ ਆਨੰਦ ਦਾ ਵੱਖਰ ਵਿਹਾਝਣ ਆਉਂਦਾ ਹੈ। ਜਿਹੜਾ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ, ਮਾਇਆ ਦਾ ਮੋਹ ਉਸ ਦੇ ਨੇੜੇ ਨਹੀਂ ਢੁਕਦਾ। ਉਸ ਦਾ ਮਨ ਵਿਕਾਰਾਂ ਤੋਂ ਬਚਿਆ ਰਹਿੰਦਾ ਹੈ, ਬਾਹਰ ਦੁਨੀਆ ਨਾਲ ਭੀ ਉਸ ਦਾ ਵਰਤਾਰਾ ਸੁਚੱਜਾ ਹੁੰਦਾ ਹੈ। ਉਸ ਦੀ ਜ਼ਿੰਦਗੀ ਕਾਮਯਾਬ ਸਮਝੋ।

ਜੇ ਕੋ ਸਿਖੁ, ਗੁਰੂ ਸੇਤੀ ਸਨਮੁਖੁ ਹੋਵੈ ॥ ਹੋਵੈ ਤ ਸਨਮੁਖੁ ਸਿਖੁ ਕੋਈ, ਜੀਅਹੁ ਰਹੈ ਗੁਰ ਨਾਲੇ ॥ ਗੁਰ ਕੇ ਚਰਨ ਹਿਰਦੈ ਧਿਆਏ, ਅੰਤਰ ਆਤਮੈ ਸਮਾਲੇ ॥ ਆਪੁ ਛਡਿ ਸਦਾ ਰਹੈ ਪਰਣੈ, ਗੁਰ ਬਿਨੁ ਅਵਰੁ ਨ ਜਾਣੈ ਕੋਏ ॥ ਕਹੈ ਨਾਨਕੁ ਸੁਣਹੁ ਸੰਤਹੁ, ਸੋ ਸਿਖੁ ਸਨਮੁਖੁ ਹੋਏ ॥ ੨੧ ॥
[੯੧੯]

ਪਦ ਅਰਥ :-ਸੇਤੀ-ਨਾਲ। ਸਨਮੁਖੁ-ਸਾਹਮਣੇ ਮੂੰਹ ਰੱਖ ਸਕਣ ਵਾਲਾ, ਸੁਰਖ਼ਰੂ। ਹੋਵੈ-ਹੋਣਾ ਚਾਹੇ। ਜੀਅਹੁ-ਦਿਲੋਂ। ਗੁਰ ਨਾਲੇ-ਗੁਰੂ ਦੇ ਚਰਨਾਂ ਵਿਚ। ਸਮਾਲੇ-ਯਾਦ ਰੱਖੇ, ਟਿਕਾਈ ਰੱਖੇ। ਆਪੁ-ਆਪਾ-ਭਾਵ। ਪਰਣੈ-ਆਸਰੇ।

ਅਰਥ :-ਜੇ ਕੋਈ ਸਿੱਖ ਗੁਰੂ ਦੇ ਸਾਹਮਣੇ ਸੁਰਖ਼ਰੂ ਹੋਣਾ ਚਾਹੁੰਦਾ ਹੈ, ਜੇ ਸਿੱਖ ਇਹ ਚਾਹੁੰਦਾ ਹੈ ਕਿ ਕਿਸੇ ਲੁਕਵੇਂ ਖੋਟ ਦੇ ਕਾਰਨ ਉਸ ਨੂੰ ਗੁਰੂ ਦੇ ਸਾਹਮਣੇ ਅੱਖਾਂ ਨੀਵੀਆਂ ਨ ਕਰਨੀਆਂ ਪੈਣ, (ਤਾਂ ਰਸਤਾ ਇਕੋ ਹੀ ਹੈ ਕਿ) ਉਹ ਸੱਚੇ ਦਿਲੋਂ ਗੁਰੂ ਦੇ

ਚਰਨਾਂ ਵਿਚ ਟਿਕੇ। ਸਿੱਖ ਗੁਰੂ ਦੇ ਚਰਨਾਂ ਨੂੰ ਆਪਣੇ ਹਿਰਦੇ ਵਿਚ ਥਾਂ ਦੇਵੇ, ਆਪਣੇ ਆਤਮਾ ਦੇ ਅੰਦਰ ਸੰਭਾਲ ਰੱਖੇ, ਆਪਾ-ਭਾਵ ਛੱਡ ਕੇ ਸਦਾ ਗੁਰੂ ਦੇ ਆਸਰੇ, ਗੁਰੂ ਤੋਂ ਬਿਨਾ ਕਿਸੇ ਹੋਰ ਨੂੰ (ਆਪਣੇ ਆਤਮਕ ਜੀਵਨ ਦਾ, ਆਤਮਕ ਆਨੰਦ ਦਾ ਵਸੀਲਾ) ਨਾ ਸਮਝੇ।

ਨਾਨਕ ਆਖਦਾ ਹੈ—ਹੇ ਸੰਤ ਜਨੋ! ਸੁਣੋ ਉਹ ਸਿੱਖ (ਹੀ) ਖਿੜੇ-ਮੱਥੇ ਰਹਿ ਸਕਦਾ ਹੈ (ਉਸ ਦੇ ਹੀ ਅੰਦਰ ਆਤਮਕ ਖੇੜਾ ਹੋ ਸਕਦਾ ਹੈ, ਉਹੀ ਆਤਮਕ ਆਨੰਦ ਮਾਣ ਸਕਦਾ ਹੈ)।੨੧।

ਭਾਵ : ਉਹ ਮਨੁੱਖ ਖਿੜੇ-ਮੱਥੇ ਰਹਿ ਸਕਦਾ ਹੈ, ਉਹੀ ਮਨੁੱਖ ਸਦਾ ਆਤਮਕ ਆਨੰਦ ਮਾਣ ਸਕਦਾ ਹੈ, ਜਿਹੜਾ ਸੱਚੇ ਦਿਲੋਂ ਗੁਰੂ ਦੇ ਚਰਨਾਂ ਵਿਚ ਟਿਕਿਆ ਰਹਿੰਦਾ ਹੈ ਜਿਹੜਾ ਆਪਾ-ਭਾਵ ਛੱਡ ਕੇ ਗੁਰੂ ਨੂੰ ਹੀ ਆਪਣਾ ਆਸਰਾ ਬਣਾਈ ਰੱਖਦਾ ਹੈ।

ਜੇ ਕੋ, ਗੁਰ ਤੇ ਵੇਮੁਖੁ ਹੋਵੈ, ਬਿਨੁ ਸਤਿਗੁਰ ਮੁਕਤਿ ਨ ਪਾਵੈ॥ ਪਾਵੈ, ਮੁਕਤਿ ਨ ਹੋਰਥੈ ਕੋਈ, ਪੁਛਹੁ ਬਿਬੇਕੀਆ ਜਾਏ॥ ਅਨੇਕ ਜੂਨੀ ਭਰਮਿ ਆਵੈ, ਵਿਣੁ ਸਤਿਗੁਰ ਮੁਕਤਿ ਨ ਪਾਏ॥ ਫਿਰਿ ਮੁਕਤਿ ਪਏ ਲਾਗਿ ਚਰਣੀ, ਸਤਿਗੁਰੂ ਸਬਦੁ ਸੁਣਾਏ॥ ਕਹੈ ਨਾਨਕੁ ਵੀਚਾਰਿ ਦੇਖਹੁ, ਵਿਣੁ ਸਤਿਗੁਰ ਮੁਕਤਿ ਨ ਪਾਏ॥੨੨॥ [ਪੰਨਾ ੯੨੦]

ਪਦ ਅਰਥ :—ਵੇਮੁਖੁ—ਜਿਸ ਨੇ ਮੂੰਹ ਦੂਜੇ ਪਾਸੇ ਕੀਤਾ ਹੋਇਆ ਹੈ। ਮੁਕਤਿ—ਵਿਕਾਰਾਂ ਤੋਂ ਖਲਾਸੀ, ਮਾਇਆ ਦੇ ਪ੍ਰਭਾਵ ਤੋਂ ਖਲਾਸੀ। ਹੋਰਥੈ—ਕਿਸੇ ਹੋਰ ਥਾਂ ਤੋਂ। ਬਿਬੇਕੀ—ਪਰਖ ਵਾਲਾ ਬੰਦਾ, ਵਿਚਾਰਵਾਨ। ਜਾਏ—ਜਾਇ, ਜਾ ਕੇ। ਭਰਮਿ ਆਵੈ—ਭਟਕ ਕੇ ਆਉਂਦਾ ਹੈ।

ਅਰਥ :—(ਜਿਥੇ ਮਾਇਆ ਦੇ ਮੋਹ ਦੇ ਕਾਰਨ ਸਹਿਮ ਹੈ ਉਥੇ ਆਤਮਕ ਆਨੰਦ ਨਹੀਂ ਪਲ੍ਰ ਸਕਦਾ, ਪਰ) ਜੇ ਕੋਈ ਮਨੁੱਖ ਗੁਰੂ ਵਲੋਂ ਮੂੰਹ ਮੋੜ ਲਏ (ਉਸ ਨੂੰ ਆਤਮਕ ਆਨੰਦ ਨਸੀਬ ਨਹੀਂ ਹੋ ਸਕਦਾ ਕਿਉਂਕਿ) ਗੁਰੂ ਤੋਂ ਬਿਨਾ ਮਾਇਆ ਦੇ ਪ੍ਰਭਾਵ ਤੋਂ ਖਲ੍ਹਾਸੀ ਨਹੀਂ ਮਿਲਦੀ। ਬੇਸ਼ੱਕ ਕਿਸੇ ਵਿਚਾਰਵਾਨਾਂ ਤੋਂ ਜਾ ਕੇ ਪੁੱਛ ਲਵੋ (ਤੇ ਤਸੱਲੀ ਕਰ ਲਵੋ, ਇਹ ਪਕੀ ਗੱਲ ਹੈ ਕਿ ਗੁਰੂ ਤੋਂ ਬਿਨਾ) ਕਿਸੇ ਭੀ ਹੋਰ ਥਾਂ ਤੋਂ ਮਾਇਕ ਬੰਧਨਾਂ ਤੋਂ ਖਲਾਸੀ ਨਹੀਂ ਮਿਲਦੀ। (ਮਾਇਆ ਦੇ ਮੋਹ ਵਿਚ ਫਸਿਆ ਮਨੁੱਖ) ਅਨੇਕਾਂ ਜੂਨੀਆਂ ਵਿਚ ਭਟਕਦਾ ਆਉਂਦਾ ਹੈ, ਗੁਰੂ ਦੀ ਸਰਨ ਤੋਂ ਬਿਨਾ ਇਸ ਮੋਹ ਤੋਂ ਖਲਾਸੀ ਨਹੀਂ ਮਿਲਦੀ। ਆਖ਼ਰ ਗੁਰੂ ਦੀ ਚਰਨੀਂ ਲੱਗ ਕੇ ਹੀ ਮਾਇਆ ਦੇ ਮੋਹ ਤੋਂ ਛੁਟਕਾਰਾ ਮਿਲਦਾ ਹੈ ਕਿਉਂਕਿ ਗੁਰੂ (ਸਹੀ ਜੀਵਨ-ਮਾਰਗ ਦਾ) ਉਪਦੇਸ਼ ਸੁਣਾਂਦਾ ਹੈ।

ਨਾਨਕ ਆਖਦਾ ਹੈ–ਵਿਚਾਰ ਕੇ ਵੇਖ ਲਵੋ, ਗੁਰੂ ਤੋਂ ਬਿਨਾ ਮਾਇਆ ਦੇ ਬੰਧਨ ਤੋਂ ਆਜ਼ਾਦੀ ਨਹੀਂ ਮਿਲਦੀ, (ਤੇ ਇਸ ਮੁਕਤੀ ਤੋਂ ਬਿਨਾ ਆਤਮਕ ਆਨੰਦ ਦੀ ਪ੍ਰਾਪਤੀ ਨਹੀਂ ਹੋ ਸਕਦੀ) । ੨੨ ।

ਭਾਵ :–ਮਾਇਆ ਦਾ ਮੋਹ ਅਤੇ ਆਤਮਕ ਆਨੰਦ–ਇਹ ਦੋਵੇਂ ਇਕੋ ਹਿਰਦੇ ਵਿਚ ਇਕੱਠੇ ਨਹੀਂ ਟਿਕ ਸਕਦੇ । ਤੇ ਮਾਇਆ ਦੇ ਮੋਹ ਤੋਂ ਖਲਾਸੀ ਤਦੋਂ ਹੀ ਮਿਲਦੀ ਹੈ ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ । ਗੁਰੂ ਮਨੁੱਖ ਨੂੰ ਜੀਵਨ ਦਾ ਸਹੀ ਰਸਤਾ ਦੱਸਦਾ ਹੈ ।

ਆਵਹੁ ਸਿਖ ਸਤਿਗੁਰੂ ਕੇ ਪਿਆਰਿਹੋ, ਗਾਵਹੁ ਸਚੀ ਬਾਣੀ॥ ਬਾਣੀ ਤ ਗਾਵਹੁ ਗੁਰੂ ਕੇਰੀ, ਬਾਣੀਆ ਸਿਰਿ ਬਾਣੀ ॥ ਜਿਨ ਕਉ ਨਦਰਿ ਕਰਮੁ ਹੋਵੈ, ਹਿਰਦੈ ਤਿਨਾ ਸਮਾਣੀ ॥ ਪੀਵਹੁ ਅੰਮ੍ਰਿਤੁ, ਸਦਾ ਰਹਹੁ ਹਰਿ ਰੰਗਿ, ਜਪਿਹੁ ਸਾਰਿਗਪਾਣੀ ।। ਕਹੈ ਨਾਨਕੁ ਸਦਾ ਗਾਵਹੁ, ਏਹ ਸਚੀ ਬਾਣੀ॥ ੨੩॥ [ਪੰਨਾ ੯੨੦]

ਪਦ ਅਰਥ :–ਸਚੀ ਬਾਣੀ–ਪਰਮਾਤਮਾ ਦੀ ਸਿਫਤਿ ਸਾਲਾਹ ਵਾਲੀ ਬਾਣੀ, ਸਦਾ ਥਿਰ ਰਹਿਣ ਵਾਲੇ ਪ੍ਰਭੂ ਵਿਚ ਜੋੜਨ ਵਾਲੀ ਬਾਣੀ । ਸਿਰ–ਸਿਰ ਉਤੇ, ਸਭ ਤੋਂ ਸ੍ਰੇਸ਼ਟ । ਨਦਰਿ–ਮੇਹਰ ਦੀ ਨਜ਼ਰ । ਕਰਮੁ–ਬਖ਼ਸ਼ਸ਼ । ਹਰਿ ਰੰਗਿ–ਹਰੀ ਦੇ ਪਿਆਰ ਵਿਚ । ਸਾਰਿਗ ਪਾਣੀ–ਧਨੁਖਧਾਰੀ ਪ੍ਰਭੂ । ਕੇਰੀ–ਦੀ । ਅੰਮ੍ਰਿਤ–ਆਤਮਕ ਆਨੰਦ ਦੇਣ ਵਾਲਾ ਨਾਮ-ਜਲ ।

ਅਰਥ :–ਹੇ ਸਤਿਗੁਰੂ ਦੇ ਪਿਆਰੇ ਸਿੱਖੋ ! ਆਵੋ, ਸਦਾ ਥਿਰ ਰਹਿਣ ਵਾਲੇ ਪਰਮਾਤਮਾ ਵਿਚ ਜੋੜਨ ਵਾਲੀ ਬਾਣੀ(ਰਲ ਕੇ) ਗਾਵੋ । ਆਪਣੇ ਗੁਰੂ ਦੀ ਬਾਣੀ ਗਾਵੋ, ਇਹ ਬਾਣੀ ਹੋਰ ਸਭ ਬਾਣੀਆਂ ਨਾਲੋਂ ਸ਼ਿਰੋਮਣੀ ਹੈ । ਇਹ ਬਾਣੀ ਉਹਨਾਂ ਬੰਦਿਆਂ ਦੇ ਹਿਰਦੇ ਵਿਚ ਹੀ ਟਿਕਦੀ ਹੈ ਜਿਨ੍ਹਾਂ ਉਤੇ ਪਰਮਾਤਮਾ ਦੀ ਮੇਹਰ ਦੀ ਨਜ਼ਰ ਹੋਵੇ, ਬਖ਼ਸ਼ਸ਼ ਹੋਵੇ ।

(ਹੇ ਪਿਆਰੇ ਗੁਰਸਿੱਖੋ !) ਪਰਮਾਤਮਾ ਦਾ ਨਾਮ ਸਿਮਰੋ, ਪਰਮਾਤਮਾ ਦੇ ਪਿਆਰ ਵਿਚ ਸਦਾ ਜੁੜੇ ਰਹੋ, ਇਹ (ਆਨੰਦ ਦੇਣ ਵਾਲਾ, ਆਤਮਕ ਹੁਲਾਰਾ ਪੈਦਾ ਕਰਨ ਵਾਲਾ ਨਾਮ-ਜਲ ਪੀਓ ।

ਨਾਨਕ ਆਖਦਾ ਹੈ–(ਹੇ ਗੁਰਸਿੱਖੋ !) ਪਰਮਾਤਮਾ ਦੀ ਸਿਫਤਿ ਸਾਲਾਹ ਵਾਲੀ ਇਹ ਬਾਣੀ ਸਦਾ ਗਾਵੋ (ਇਸੇ ਵਿਚ ਆਤਮਕ ਆਨੰਦ ਹੈ) । ੨੩ ।

ਭਾਵ :–ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦੀ ਮਿਹਰ ਦੀ ਨਿਗਾਹ ਹੁੰਦੀ ਹੈ, ਉਹ ਪਰਮਾਤਮਾ ਦੀ ਸਿਫਤਿ ਸਾਲਾਹ ਵਾਲੀ ਗੁਰਬਾਣੀ ਆਪਣੇ ਹਿਰਦੇ ਵਿਚ ਵਸਾਈ

ਰੱਖਦੇ ਹਨ। ਗੁਰਬਾਣੀ ਦੀ ਰਾਹੀਂ ਉਹ ਆਤਮਕ ਆਨੰਦ ਦੇਣ ਵਾਲਾ ਨਾਮ-ਜਲ ਸਦਾ ਪੀਂਦੇ ਰਹਿੰਦੇ ਹਨ।

ਸਤਿਗੁਰੂ ਬਿਨਾ, ਹੋਰ ਕਚੀ ਹੈ ਬਾਣੀ॥ ਬਾਣੀ ਤ ਕਚੀ ਸਤਿਗੁਰੂ ਬਾਝਹੁ, ਹੋਰ ਕਚੀ ਬਾਣੀ॥ ਕਹਦੇ ਕਚੇ, ਸੁਣਦੇ ਕਚੇ, ਕਚੀਂ ਆਖਿ ਵਖਾਣੀ॥ ਹਰਿ ਹਰਿ ਨਿਤ ਕਰਹਿ ਰਸਨਾ, ਕਹਿਆ ਕਛੂ ਨ ਜਾਣੀ॥ ਚਿਤੁ ਜਿਨ ਕਾ ਹਿਰਿ ਲਇਆ ਮਾਇਆ, ਬੋਲਨਿ ਪਏ ਰਵਾਣੀ॥ ਕਹੈ ਨਾਨਕੁ, ਸਤਿਗੁਰੂ ਬਾਝਹੁ, ਹੋਰ ਕਚੀ ਬਾਣੀ॥੨੪॥ [ਪੰਨਾ ੯੨੦]

ਪਦ ਅਰਥ:—ਸਤਿਗੁਰੂ ਬਿਨਾ—ਗੁਰ-ਆਸ਼ੇ ਤੋਂ ਉਲਟ। ਕਚੀ—ਹੌਲੇ ਮੇਲ ਦੀ, ਮਨ ਨੂੰ ਨੀਵਾਂ ਕਰਨ ਵਾਲੀ, ਉੱਚੇ ਆਤਮਕ ਆਨੰਦ ਤੋਂ ਹੇਠਾਂ ਲਿਆਉਣ ਵਾਲੀ। ਕਚੇ—ਉਹ ਬੰਦੇ ਜਿਨ੍ਹਾਂ ਦਾ ਮਨ ਕਮਜ਼ੋਰ ਹੈ, ਜੋ ਮਾਇਆ ਦੇ ਪ੍ਰਭਾਵ ਦੇ ਸਾਹਮਣੇ ਥਿੜਕ ਸਕਦੇ ਹਨ। ਸੁਣਦੇ ਕਚੇ—ਸੁਣਨ ਵਾਲਿਆਂ ਦੇ ਮਨ ਭੀ ਥਿੜਕ ਜਾਂਦੇ ਹਨ। ਕਹਿਆ—ਜੋ ਕੁਝ ਮੂੰਹੋਂ ਆਖਦੇ ਹਨ। ਹਿਰਿ ਲਇਆ—ਚੁਰਾ ਲਿਆ। ਰਵਾਣੀ—ਜ਼ਬਾਨੀ ਜ਼ਬਾਨੀ, ਉਤੋਂ ਉਤੋਂ। ਕਚੀਂ—ਕੱਚਿਆਂ ਨੇ, ਕਮਜ਼ੋਰ ਮਨ ਵਾਲਿਆਂ ਨੇ।

ਅਰਥ:—ਗੁਰ-ਆਸ਼ੇ ਤੋਂ ਉਲਟ ਬਾਣੀ (ਮਾਇਆ) ਦੀ ਝਲਕ ਦੇ ਸਾਹਮਣੇ ਥਿੜਕਾ ਦੇਣ ਵਾਲੀ ਹੁੰਦੀ ਹੈ। ਇਹ ਪੱਕੀ ਗੱਲ ਹੈ ਕਿ ਗੁਰ-ਆਸ਼ੇ ਦੇ ਉਲਟ ਜਾਣ ਵਾਲੀ ਬਾਣੀ ਮਨ ਕਮਜ਼ੋਰ ਹੋ ਜਾਂਦੇ ਹਨ, ਸੁਣਨ ਵਾਲਿਆਂ ਦੇ ਮਨ ਭੀ ਥਿੜਕ ਜਾਂਦੇ ਹਨ, ਤੇ ਜੋ ਅਜੇਹੀ ਬਾਣੀ ਦੀ ਪੜ੍ਹ ਪੜ੍ਹ ਕੇ ਵਿਆਖਿਆ ਕਰਦੇ ਹਨ, ਉਹ ਭੀ ਕਮਜ਼ੋਰ-ਮਨ ਹੋ ਜਾਂਦੇ ਹਨ।

ਜੇ ਉਹ ਬੰਦੇ ਜੀਭ-ਨਾਲ ਹਰੀ-ਨਾਮ ਭੀ ਬੋਲਣ ਤਾਂ ਭੀ ਜੋ ਕੁਝ ਉਹ ਬੋਲਦੇ ਹਨ ਉਸ ਨਾਲ ਉਹਨਾਂ ਦੀ ਡੂੰਘੀ ਸਾਂਝ ਨਹੀਂ ਪੈਂਦੀ ਕਿਉਂਕਿ ਉਹਨਾਂ ਦੇ ਮਨ ਨੂੰ ਮਾਇਆ ਨੇ ਮੋਹ ਰੱਖਿਆ ਹੈ, ਉਹ ਜੋ ਕੁਝ ਬੋਲਦੇ ਹਨ ਜ਼ਬਾਨੀ ਜ਼ਬਾਨੀ ਹੀ ਬੋਲਦੇ ਹਨ।

ਨਾਨਕ ਆਖਦਾ ਹੈ—ਗੁਰ-ਆਸ਼ੇ ਤੋਂ ਉਲਟ ਬਾਣੀ ਮਨੁੱਖ ਦੇ ਮਨ ਨੂੰ ਆਤਮਕ ਆਨੰਦ ਦੇ ਟਿਕਾਣੇ ਤੋਂ ਹੇਠਾਂ ਡੇਗਦੀ ਹੈ। ੨੪।

ਭਾਵ:—ਗੁਰ-ਆਸ਼ੇ ਤੋਂ ਉਲਟ ਜਾਣ ਵਾਲੀ ਬਾਣੀ, ਪਰਮਾਤਮਾ ਦੀ ਸਿਫ਼ਤਿ ਸਾਲਾਹ ਤੋਂ ਸੁੰਞੀ ਬਾਣੀ ਮਨ ਨੂੰ ਕਮਜ਼ੋਰ ਕਰਦੀ ਹੈ, ਮਾਇਆ ਦੀ ਝਲਕ ਦੇ ਸਾਹਮਣੇ ਥਿੜਕਾ ਦੇਂਦੀ ਹੈ। ਅਜੇਹੀ ਬਾਣੀ ਨਿੱਤ ਪੜ੍ਹਨ ਸੁਣਨ ਵਾਲਿਆਂ ਦੇ ਮਨ ਮਾਇਆ ਦੇ ਟਾਕਰੇ ਤੇ ਕਮਜ਼ੋਰ ਹੋ ਜਾਂਦੇ ਹਨ। ਅਜੇਹੇ ਕਮਜ਼ੋਰ ਹੋ ਚੁਕੇ ਮਨ ਵਿਚ ਆਤਮਕ ਆਨੰਦ ਦਾ ਸੁਆਦ ਨਹੀਂ ਬਣ ਸਕਦਾ। ਉਹ ਮਨ ਤਾਂ ਮਾਇਆ ਦੇ ਮੋਹ ਵਿਚ ਫਸਿਆ

ਹੁੰਦਾ ਹੈ।

ਗੁਰ ਕਾ ਸਬਦੁ ਰਤੰਨੁ ਹੈ, ਹੀਰੇ ਜਿਤੁ ਜੜਾਉ ॥ ਸਬਦੁ ਰਤਨੁ, ਜਿਤੁ ਮੰਨੁ ਲਾਗਾ, ਏਹੁ ਹੋਆ ਸਮਾਉ ॥ ਸਬਦ ਸੇਤੀ ਮਨੁ ਮਿਲਿਆ, ਸਚੈ ਲਾਇਆ ਭਾਉ ॥ ਆਪੇ ਹੀਰਾ ਰਤਨੁ ਆਪੇ ਜਿਸ ਨੋ ਦੇਇ ਬੁਝਾਇ ॥ ਕਹੈ ਨਾਨਕੁ, ਸਬਦੁ ਰਤਨੁ ਹੈ, ਹੀਰਾ ਜਿਤੁ ਜੜਾਉ ॥੨੫॥ [੯੨੦]

ਪਦ ਅਰਥ :–ਰਤੰਨੁ–ਰਤਨ, ਅਮੋਲਕ ਦਾਤਿ। ਜਿਤੁ–ਜਿਸ (ਸ਼ਬਦ) ਵਿਚ। ਹੀਰੇ–ਪਰਮਾਤਮਾ ਦੇ ਗੁਣ। ਜੜਾਉ–ਜੜੇ ਹੋਏ। ਮੰਨੁ–ਮਨ। ਏਹੁ ਸਮਾਉ–ਐਸੀ ਲੀਨਤਾ। ਸਚੈ–ਸਦਾ-ਥਿਰ ਪ੍ਰਭੂ ਵਿਚ। ਭਾਉ–ਪਿਆਰ। ਬੁਝਾਇ ਦੇਇ–ਸੂਝ ਦੇਂਦਾ ਹੈ। ਹੀਰਾ–ਪਰਮਾਤਮਾ, ਪਰਮਾਤਮਾ ਦਾ ਨਾਮ। ਆਪੇ–ਆਪ ਹੀ।

ਅਰਥ :–ਸਤਿਗੁਰੂ ਦਾ ਸ਼ਬਦ ਇਕ ਐਸੀ ਅਮੋਲਕ ਦਾਤਿ ਹੈ ਜਿਸ ਵਿਚ ਪਰਮਾਤਮਾ ਦੀਆਂ ਵਡਿਆਈਆਂ ਭਰੀਆਂ ਪਈਆਂ ਹਨ। ਸ਼ਬਦ, ਮਾਨੋ, (ਐਸਾ) ਰਤਨ ਹੈ, ਕਿ ਉਸ ਦੀ ਰਾਹੀਂ (ਮਨੁੱਖ ਦਾ) ਮਨ (ਪਰਮਾਤਮਾ ਦੀ ਯਾਦ ਵਿਚ) ਟਿਕ ਜਾਂਦਾ ਹੈ (ਪਰਮਾਤਮਾ ਵਿਚ) ਇਕ ਅਸਚਰਜ ਲੀਨਤਾ ਬਣੀ ਰਹਿੰਦੀ ਹੈ।

ਜੇ ਸ਼ਬਦ ਵਿਚ (ਮਨੁੱਖ ਦਾ) ਮਨ ਜੁੜ ਜਾਏ, ਤਾਂ (ਇਸ ਦੀ ਬਰਕਤਿ ਨਾਲ) ਸਦਾ ਥਿਰ ਰਹਿਣ ਵਾਲੇ ਪ੍ਰਭੂ ਵਿਚ (ਉਸ ਦਾ) ਪ੍ਰੇਮ ਬਣ ਜਾਂਦਾ ਹੈ। (ਉਸ ਦੇ ਅੰਦਰ ਪਰਮਾਤਮਾ ਦਾ) ਹੀਰਾ-ਨਾਮ ਹੀ ਟਿਕਿਆ ਰਹਿੰਦਾ ਹੈ, (ਪਰਮਾਤਮਾ ਦੀ ਸਿਫਤਿ-ਸਾਲਾਹ ਦਾ) ਰਤਨ-ਸ਼ਬਦ ਹੀ ਟਿਕਿਆ ਰਹਿੰਦਾ ਹੈ। (ਪਰ ਇਹ ਦਾਤਿ ਉਸ ਨੂੰ ਹੀ ਮਿਲਦੀ ਹੈ) ਜਿਸ ਨੂੰ (ਪ੍ਰਭੂ ਆਪ ਇਹ) ਸੂਝ ਬਖ਼ਸ਼ਦਾ ਹੈ।

ਨਾਨਕ ਆਖਦਾ ਹੈ–ਗੁਰੂ ਦਾ ਸ਼ਬਦ, ਮਾਨੋ, ਇਕ ਰਤਨ ਹੈ ਜਿਸ ਵਿਚ ਪ੍ਰਭੂ ਦਾ ਨਾਮ-ਰੂਪ ਹੀਰਾ ਜੜਿਆ ਹੋਇਆ ਹੈ। ੨੫।

ਭਾਵ :–ਸਤਿਗੁਰੂ ਦੀ ਬਾਣੀ ਪਰਮਾਤਮਾ ਵਲੋਂ ਇਕ ਅਮੋਲਕ ਦਾਤਿ ਹੈ, ਇਸ ਵਿਚ ਪਰਮਾਤਮਾ ਦੀ ਸਿਫਤਿ-ਸਾਲਾਹ ਭਰੀ ਪਈ ਹੈ। ਜਿਹੜਾ ਮਨੁੱਖ ਇਸ ਬਾਣੀ ਨਾਲ ਆਪਣਾ ਮਨ ਜੋੜਦਾ ਹੈ ਉਸ ਦੇ ਅੰਦਰ ਪਰਮਾਤਮਾ ਦਾ ਪਿਆਰ ਬਣ ਜਾਂਦਾ ਹੈ, ਤੇ, ਜਿਥੇ ਪ੍ਰਭੂ-ਪ੍ਰੇਮ ਹੈ ਉਥੇ ਹੀ ਆਤਮਕ ਆਨੰਦ ਹੈ।

ਸਿਵ ਸਕਤਿ ਆਪਿ ਉਪਾਇ ਕੈ, ਕਰਤਾ ਆਪੇ ਹੁਕਮੁ ਵਰਤਾਏ ॥ ਹੁਕਮੁ ਵਰਤਾਏ ਆਪਿ ਵੇਖੈ, ਗੁਰਮੁਖਿ ਕਿਸੈ ਬੁਝਾਏ ॥ ਤੋੜੇ ਬੰਧਨ ਹੋਵੈ ਮੁਕਤੁ, ਸਬਦੁ ਮੰਨਿ ਵਸਾਏ ॥ ਗੁਰਮੁਖਿ ਜਿਸ ਨੋ ਆਪਿ ਕਰੇ ਸੁ ਹੋਵੈ, ਏਕਸ ਸਿਉ ਲਿਵ ਲਾਏ ॥ ਕਹੈ ਨਾਨਕੁ, ਆਪਿ ਕਰਤਾ ਆਪੇ ਹੁਕਮੁ

ਬੁਝਾਏ ॥੨੬॥ [ਪੰਨਾ ੯੨੦]

ਪਦ ਅਰਥ :–ਸਿਵ–ਚੇਤਨ ਸੱਤਾ, ਜੀਵਾਤਮਾ। ਸਕਤਿ–ਮਾਇਆ। ਆਪੇ–ਆਪ ਹੀ। ਹੁਕਮੁ–(ਇਹ) ਹੁਕਮ (ਕਿ ਜੀਵਾਂ ਉਤੇ)ਮਾਇਆ ਦਾ ਪ੍ਰਭਾਵ ਪਿਆ ਰਹੇ। ਗੁਰਮੁਖਿ–ਗੁਰੂ ਦੀ ਰਾਹੀਂ। ਕਿਸੈ–ਕਿਸੇ (ਵਿਰਲੇ) ਨੂੰ। ਬੁਝਾਏ–ਸੂਝ ਦੇਂਦਾ ਹੈ। ਮੁਕਤੁ–ਮਾਇਆ ਦੇ ਪ੍ਰਭਾਵ ਤੋਂ ਆਜ਼ਾਦ ਸੁਤੰਤਰ। ਮੰਨਿ–ਮਨ ਵਿਚ। ਗੁਰਮੁਖਿ–ਗੁਰੂ ਦੇ ਰਾਹ ਉਤੇ ਤੁਰਨ ਵਾਲਾ।

ਅਰਥ :–ਜੀਵਾਤਮਾ ਅਤੇ ਮਾਇਆ ਪੈਦਾ ਕਰ ਕੇ ਪਰਮਾਤਮਾ ਆਪ ਹੀ (ਇਹ) ਹੁਕਮ ਵਰਤਾਂਦਾ ਹੈ ਕਿ (ਮਾਇਆ ਦਾ ਜ਼ੋਰ ਜੀਵਾਂ ਉਤੇ ਪਿਆ ਰਹੇ) ਪ੍ਰਭੂ ਆਪ ਹੀ ਇਹ ਹੁਕਮ ਵਰਤਾਂਦਾ ਹੈ, ਆਪ ਹੀ ਇਹ ਖੇਡ ਵੇਖਦਾ ਹੈ (ਕਿ ਕਿਸ ਤਰ੍ਹਾਂ ਜੀਵ ਮਾਇਆ ਦੇ ਹੱਥਾਂ ਉਤੇ ਨੱਚ ਰਹੇ ਹਨ), ਕਿਸੇ ਕਿਸੇ ਵਿਰਲੇ ਨੂੰ ਗੁਰੂ ਦੀ ਰਾਹੀਂ (ਇਸ ਖੇਡ ਦੀ) ਸੂਝ ਦੇ ਦੇਂਦਾ ਹੈ। (ਜਿਸ ਨੂੰ ਸੂਝ ਬਖ਼ਸ਼ਦਾ ਹੈ ਉਸ ਦੇ) ਮਾਇਆ (ਦੇ ਮੋਹ) ਦੇ ਬੰਧਨ ਤੋੜ ਦੇਂਦਾ ਹੈ, ਉਹ ਬੰਦਾ ਮਾਇਆ ਦੇ ਬੰਧਨਾਂ ਤੋਂ ਸੁਤੰਤਰ ਹੋ ਜਾਂਦਾ ਹੈ (ਕਿਉਂਕਿ) ਉਹ ਗੁਰੂ ਦਾ ਸ਼ਬਦ ਆਪਣੇ ਮਨ ਵਿਚ ਵਸਾ ਲੈਂਦਾ ਹੈ। ਗੁਰੂ ਦੇ ਦੱਸੇ ਰਾਹ ਉਤੇ ਤੁਰਨ ਜੋਗਾ ਉਹੀ ਮਨੁੱਖ ਹੁੰਦਾ ਹੈ ਜਿਸ ਨੂੰ ਪ੍ਰਭੂ ਇਹ ਸਮਰੱਥਾ ਦੇਂਦਾ ਹੈ, ਉਹ ਮਨੁੱਖ ਇਕ ਪਰਮਾਤਮਾ ਦੇ ਚਰਨਾਂ ਵਿਚ ਸੁਰਤਿ ਜੋੜਦਾ ਹੈ (ਉਸ ਦੇ ਅੰਦਰ ਆਤਮਕ ਆਨੰਦ ਬਣਦਾ ਹੈ, ਤੇ ਉਹ ਮਾਇਆ ਦੇ ਮੋਹ ਵਿਚੋਂ ਨਿਕਲਦਾ ਹੈ)।

ਨਾਨਕ ਆਖਦਾ ਹੈ–ਪਰਮਾਤਮਾ ਆਪ ਹੀ (ਜੀਵਾਤਮਾ ਤੇ ਮਾਇਆ ਦੀ) ਰਚਨਾ ਕਰਦਾ ਹੈ ਤੇ ਆਪ ਹੀ (ਕਿਸੇ ਵਿਰਲੇ ਨੂੰ ਇਹ) ਸੂਝ ਬਖ਼ਸ਼ਦਾ ਹੈ (ਕਿ ਮਾਇਆ ਦਾ ਪ੍ਰਭਾਵ ਭੀ ਉਸ ਦਾ ਆਪਣਾ ਹੀ) ਹੁਕਮ (ਜਗਤ ਵਿਚ ਵਰਤ ਰਿਹਾ) ਹੈ।

ਭਾਵ–ਪਰਮਾਤਮਾ ਦੀ ਰਜ਼ਾ ਅਨੁਸਾਰ ਜੀਵ ਮਾਇਆ ਦੇ ਹੱਥਾਂ ਉਤੇ ਨੱਚ ਰਹੇ ਹਨ। ਜਿਸ ਕਿਸੇ ਨੂੰ ਗੁਰੂ ਦੇ ਦੱਸੇ ਰਾਹ ਉਤੇ ਤੁਰਨ-ਜੋਗਾ ਬਣਾਂਦਾ ਹੈ, ਉਹ ਮਨੁੱਖ ਮਾਇਆ ਦੇ ਬੰਧਨਾਂ ਤੋਂ ਸੁਤੰਤਰ ਹੋ ਜਾਂਦਾ ਹੈ, ਉਸ ਦੀ ਸੁਰਤਿ ਪਰਮਾਤਮਾ ਦੇ ਚਰਨਾਂ ਵਿਚ ਜੁੜੀ ਰਹਿੰਦੀ ਹੈ, ਉਸ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ।

ਸਿਮ੍ਰਿਤਿ ਸਾਸਤ੍ਰ ਪੁੰਨ ਪਾਪ ਬੀਚਾਰਦੇ, ਤਤੈ ਸਾਰ ਨ ਜਾਣੀ ॥ ਤਤੈ ਸਾਰ ਨ ਜਾਣੀ ਗੁਰੂ ਬਾਝਹੁ, ਤਤੈ ਸਾਰ ਨ ਜਾਣੀ ॥ ਤਿਹੀ ਗੁਣੀ ਸੰਸਾਰੁ ਭ੍ਰਮਿ ਸੁਤਾ, ਸੁਤਿਆ ਰੈਣਿ ਵਿਹਾਣੀ ॥ ਗੁਰ ਕਿਰਪਾ ਤੇ ਸੇ ਜਨ ਜਾਗੇ, ਜਿਨਾ ਹਰਿ ਮਨ ਵਸਿਆ, ਬੋਲਹਿ ਅੰਮ੍ਰਿਤ ਬਾਣੀ ॥ ਕਹੈ ਨਾਨਕੁ, ਸੋ ਤਤੁ ਪਾਏ, ਜਿਸ ਨੋ ਅਨਦਿਨੁ ਹਰਿ ਲਿਵ ਲਾਗੈ, ਜਾਗਤ ਰੈਣਿ ਵਿਹਾਣੀ ॥ ੨੭ ॥ [ਪੰਨਾ ੯੨੦]

ਪਦ ਅਰਥ :—ਤਤੈ ਸਾਰ—ਤੱਤ ਦੀ ਸੂਝ, ਅਸਲੀਅਤ ਦੀ ਸਮਝ, ਜੋ ਅਸਲ ਗ੍ਰਹਣ-ਜੋਗ ਵਸਤ ਹੈ ਉਸ ਦੀ ਸਮਝ, ਆਤਮਕ ਆਨੰਦ ਦੀ ਸਮਝ। ਤਿਹੀ ਗੁਣੀ—ਮਾਇਆ ਦੇ ਤਿੰਨ ਸੁਭਾਵਾਂ ਵਿਚ। ਭ੍ਰਮਿ—ਭਟਕ ਭਟਕ ਕੇ। ਰੈਣਿ—ਉਮਰ, ਰਾਤ। ਸੇ—ਉਹ ਬੰਦੇ। ਮਨਿ—ਮਨ ਵਿਚ। ਅਨਦਿਨੁ—ਹਰ ਰੋਜ਼, ਹਰ ਵੇਲੇ। ਅੰਮ੍ਰਿਤ ਬਾਣੀ—ਆਤਮਕ ਜੀਵਨ ਦੇਣ ਵਾਲੀ ਬਾਣੀ। ਜਗਤ—ਵਿਕਾਰਾਂ ਵਲੋਂ ਸੁਚੇਤ ਰਹਿੰਦਿਆਂ।

ਅਰਥ :—ਸਿੰਮ੍ਰਿਤੀਆਂ ਸ਼ਾਸਤ੍ਰ ਆਦਿਕ ਪੜ੍ਹਨ ਵਾਲੇ ਪੰਡਿਤ ਸਿਰਫ਼ ਇਹੀ ਵਿਚਾਰਾਂ ਕਰਦੇ ਹਨ ਕਿ (ਇਹਨਾਂ ਪੁਸਤਕਾਂ ਅਨੁਸਾਰ) ਪਾਪ ਕੀਹ ਹੈ ਤੇ ਪੁੰਨ ਕੀਹ ਹੈ, ਉਹਨਾਂ ਨੂੰ ਆਤਮਕ ਆਨੰਦ ਦਾ ਰਸ ਨਹੀਂ ਆ ਸਕਦਾ। (ਇਹ ਗੱਲ ਯਕੀਨੀ ਜਾਣੋ ਕਿ) ਸਤਿਗੁਰੂ ਦੀ ਸਰਨ ਆਉਣ ਤੋਂ ਬਿਨਾ ਆਤਮਕ ਆਨੰਦ ਦਾ ਰਸ ਨਹੀਂ ਆ ਸਕਦਾ, ਜਗਤ ਤਿੰਨਾਂ ਗੁਣਾਂ ਵਿਚ ਹੀ ਭਟਕ ਭਟਕ ਕੇ ਗ਼ਾਫ਼ਿਲ ਹੋਇਆ ਪਿਆ ਹੈ, ਮਾਇਆ ਦੇ ਮੋਹ ਵਿਚ ਸੁੱਤਿਆਂ ਦੀ ਹੀ ਸਾਰੀ ਉਮਰ ਗੁਜ਼ਰ ਜਾਂਦੀ ਹੈ (ਸਿੰਮ੍ਰਿਤੀਆਂ ਸ਼ਾਸਤ੍ਰਾਂ ਦੀਆਂ ਵਿਚਾਰਾਂ ਇਸ ਨੀਂਦ ਵਿਚੋਂ ਜਗਾ ਨਹੀਂ ਸਕਦੀਆਂ)।

(ਮੋਹ ਦੀ ਨੀਂਦ ਵਿਚੋਂ) ਗੁਰੂ ਦੀ ਕਿਰਪਾ ਨਾਲ (ਸਿਰਫ਼) ਉਹ ਮਨੁੱਖ ਜਾਗਦੇ ਹਨ ਜਿਨ੍ਹਾਂ ਦੇ ਅੰਦਰ ਪਰਮਾਤਮਾ ਦਾ ਨਾਮ ਵੱਸਦਾ ਹੈ ਜੋ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਬਾਣੀ ਉਚਾਰਦੇ ਹਨ।

ਨਾਨਕ ਆਖਦਾ ਹੈ—ਉਹੀ ਮਨੁੱਖ ਆਤਮਕ ਆਨੰਦ ਮਾਣਦਾ ਹੈ ਜੋ ਹਰ ਵੇਲੇ ਪ੍ਰਭੂ ਦੀ ਯਾਦ ਦੀ ਲਗਨ ਵਿਚ ਟਿਕਿਆ ਰਹਿੰਦਾ ਹੈ, ਤੇ ਜਿਸ ਦੀ ਉਮਰ (ਇਸ ਤਰ੍ਹਾਂ ਮੋਹ ਦੀ ਨੀਂਦ ਵਿਚੋਂ) ਜਾਗਦਿਆਂ ਬੀਤਦੀ ਹੈ।੨੭।

ਭਾਵ—ਕਰਮ-ਕਾਂਡ ਅਨੁਸਾਰ ਕਿਹੜਾ ਪੁੰਨ-ਕਰਮ ਹੈ ਤੇ ਕਿਹੜਾ ਪਾਪ-ਕਰਮ ਹੈ—ਸਿਰਫ਼ ਇਹ ਵਿਚਾਰ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਨਹੀਂ ਕਰ ਸਕਦੀ। ਗੁਰੂ ਦੀ ਕਿਰਪਾ ਨਾਲ ਜਿਹੜਾ ਮਨੁੱਖ ਸਦਾ ਹਰਿ-ਨਾਮ ਸਿਮਰਦਾ ਹੈ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਹੈ, ਉਹ ਵਿਕਾਰਾਂ ਵਲੋਂ ਸੁਚੇਤ ਰਹਿੰਦਾ ਹੈ, ਤੇ, ਆਤਮਕ ਆਨੰਦ ਮਾਣਦਾ ਹੈ।

ਮਾਤਾ ਕੇ ਉਦਰ ਮਹਿ ਪ੍ਰਤਿਪਾਲ ਕਰੇ, ਸੋ ਕਿਉ ਮਨਹੁ ਵਿਸਾਰੀਐ॥ ਮਨਹੁ ਕਿਉ ਵਿਸਾਰੀਐ ਏਵਡੁ ਦਾਤਾ, ਜਿ ਅਗਨਿ ਮਹਿ ਆਹਾਰੁ ਪਹੁਚਾਵਏ॥ ਓਸ ਨੋ ਕਿਹੁ ਪੋਹਿ ਨ ਸਕੀ, ਜਿਸ ਨਉ ਆਪਣੀ ਲਿਵ ਲਾਵਏ॥ ਆਪਣੀ ਲਿਵ ਆਪੇ ਲਾਏ, ਗੁਰਮੁਖਿ ਸਦਾ ਸਮਾਲੀਐ॥ ਕਹੈ ਨਾਨਕੁ, ਏਵਡੁ ਦਾਤਾ, ਸੋ ਕਿਉ ਮਨਹੁ ਵਿਸਾਰੀਐ॥੨੮॥ [ਪੰਨਾ ੯੨੦]

ਪਦ ਅਰਥ :—ਉਦਰ—ਪੇਟ। ਮਨਹੁ—ਮਨ ਤੋਂ। ਕਿਉ ਵਿਸਾਰੀਐ—ਵਿਸਾਰਨਾ

ਨਹੀਂ ਚਾਹੀਦਾ। ਏਵਡੁ–ਇਤਨਾ ਵੱਡਾ। ਅਗਨਿ–ਅੱਗ। ਆਹਾਰੁ–ਖ਼ੁਰਾਕ। ਓਸ ਨੋ–ਉਸ ਬੰਦੇ ਨੂੰ। ਕਿਹੁ–ਕੁਝ। ਲਿਵ–ਪ੍ਰੀਤ। ਗੁਰਮੁਖਿ–ਗੁਰੂ ਦੀ ਰਾਹੀਂ। ਸਮਾਲੀਐ–ਸਿਮਰਨਾ ਚਾਹੀਦਾ ਹੈ, ਹਿਰਦੇ ਵਿਚ ਵਸਾਣਾ ਚਾਹੀਦਾ ਹੈ।

ਅਰਥ :–(ਜੇ ਆਤਮਕ ਆਨੰਦ ਪ੍ਰਾਪਤ ਕਰਨਾ ਹੈ ਤਾਂ) ਉਸ ਪਰਮਾਤਮਾ ਨੂੰ ਕਦੇ ਭੁਲਾਣਾ ਨਹੀਂ ਚਾਹੀਦਾ, ਜੋ ਮਾਂ ਦੇ ਪੇਟ ਵਿਚ (ਭੀ) ਪਾਲਨਾ ਕਰਦਾ ਹੈ, ਇਤਨੇ ਵੱਡੇ ਦਾਤੇ ਨੂੰ ਮਨੋਂ ਭੁਲਾਣਾ ਨਹੀਂ ਚਾਹੀਦਾ ਜੋ (ਮਾਂ ਦੇ ਪੇਟ ਦੀ) ਅੱਗ ਵਿਚ (ਭੀ) ਖ਼ੁਰਾਕ ਅਪੜਾਂਦਾ ਹੈ।

(ਇਹ ਮੋਹ ਹੀ ਹੈ ਜੋ ਆਨੰਦ ਤੋਂ ਵਾਂਜਿਆਂ ਰੱਖਦਾ ਹੈ, ਪਰ) ਉਸ ਬੰਦੇ ਨੂੰ (ਮੋਹ ਆਦਿਕ) ਕੁਝ ਭੀ ਪੋਹ ਨਹੀਂ ਸਕਦਾ ਜਿਸ ਨੂੰ ਪ੍ਰਭੂ ਆਪਣੇ ਚਰਨਾਂ ਦੀ ਪ੍ਰੀਤ ਬਖ਼ਸ਼ਦਾ ਹੈ। (ਪਰ ਜੀਵ ਦੇ ਕੀਹ ਵੱਸ ?) ਪ੍ਰਭੂ ਆਪ ਹੀ ਆਪਣੀ ਪ੍ਰੀਤ ਦੀ ਦਾਤਿ ਦੇਂਦਾ ਹੈ। (ਹੇ ਭਾਈ !) ਗੁਰੂ ਦੀ ਸਰਨ ਪੈ ਕੇ ਉਸ ਨੂੰ ਸਦਾ ਸਿਮਰਦੇ ਰਹਿਣਾ ਚਾਹੀਦਾ ਹੈ।

ਨਾਨਕ ਆਖਦਾ ਹੈ–(ਜੇ ਆਤਮਕ ਆਨੰਦ ਦੀ ਲੋੜ ਹੈ ਤਾਂ) ਇਤਨੇ ਵੱਡੇ ਦਾਤਾਰ ਪ੍ਰਭੂ ਨੂੰ ਕਦੇ ਭੀ ਮਨੋਂ ਭੁਲਾਣਾ ਨਹੀਂ ਚਾਹੀਦਾ। ੨੮।

ਭਾਵ–ਪਰਮਾਤਮਾ ਜਿਸ ਮਨੁੱਖ ਨੂੰ ਆਪਣੇ ਚਰਨਾਂ ਦਾ ਪਿਆਰ ਬਖ਼ਸ਼ਦਾ ਹੈ, ਉਸ ਮਨੁੱਖ ਉਤੇ ਕੋਈ ਭੀ ਵਿਕਾਰ ਆਪਣਾ ਜ਼ੋਰ ਨਹੀਂ ਪਾ ਸਕਦਾ। ਗੁਰੂ ਦੀ ਸਰਨ ਪੈ ਕੇ, ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਸਦਾ ਪਰਮਾਤਮਾ ਦੀ ਯਾਦ ਆਪਣੇ ਹਿਰਦੇ ਵਿਚ ਟਿਕਾਈ ਰੱਖਣੀ ਚਾਹੀਦੀ ਹੈ। ਆਤਮਕ ਆਨੰਦ ਦੀ ਪ੍ਰਾਪਤੀ ਦਾ ਇਹੀ ਹੈ ਵਸੀਲਾ।

ਜੈਸੀ ਅਗਨਿ ਉਦਰ ਮਹਿ, ਤੈਸੀ ਬਾਹਰਿ ਮਾਇਆ ॥ ਮਾਇਆ ਅਗਨਿ ਸਭ ਇਕੋ ਜੇਹੀ, ਕਰਤੈ ਖੇਲੁ ਰਚਾਇਆ ॥ ਜਾ ਤਿਸੁ ਭਾਣਾ ਤਾ ਜੰਮਿਆ, ਪਰਵਾਰਿ ਭਲਾ ਭਾਇਆ ॥ ਲਿਵ ਛੁੜਕੀ ਲਗੀ ਤ੍ਰਿਸਨਾ, ਮਾਇਆ ਅਮਰੁ ਵਰਤਾਇਆ ॥ ਏਹ ਮਾਇਆ, ਜਿਤੁ ਹਰਿ ਵਿਸਰੈ, ਮੋਹੁ ਉਪਜੈ, ਭਾਉ ਦੂਜਾ ਲਾਇਆ ॥ ਕਹੈ ਨਾਨਕੁ, ਗੁਰ ਪਰਸਾਦੀ ਜਿਨਾ ਲਿਵ ਲਾਗੀ, ਤਿਨੀ ਵਿਚੇ ਮਾਇਆ ਪਾਇਆ ॥ ੨੯ ॥ [ਪੰਨਾ ੯੨੧]

ਪਦ ਅਰਥ :–ਉਦਰ–ਮਾਂ ਦਾ ਪੇਟ। ਬਾਹਰਿ–ਸੰਸਾਰ ਵਿਚ। ਕਰਤੈ–ਕਰਤਾਰ ਨੇ। ਜਾ ਤਿਸੁ ਭਾਣਾ–ਜਦੋਂ ਉਸ ਪ੍ਰਭੂ ਨੂੰ ਚੰਗਾ ਲੱਗਾ। ਪਰਵਾਰਿ–ਪਰਵਾਰ ਵਿਚ। ਭਲਾ ਭਾਇਆ–ਪਿਆਰਾ ਲੱਗਣ ਲੱਗ ਪਿਆ। ਛੁੜਕੀ–ਮੁੱਕ ਗਈ, ਟੁੱਟ ਗਈ।

ਅਮਰੁ—ਹੁਕਮ। ਅਮਰੁ ਵਰਤਾਇਆ—ਹੁਕਮ ਚਲਾ ਦਿੱਤਾ, ਜ਼ੋਰ ਪਾ ਲਿਆ। ਜਿਤੁ—ਜਿਸ ਦੀ ਰਾਹੀਂ। ਭਾਉ ਦੂਜਾ—ਪ੍ਰਭੂ ਤੋਂ ਬਿਨਾ ਹੋਰ ਦਾ ਪਿਆਰ।

ਅਰਥ :—ਜਿਵੇਂ ਮਾਂ ਦੇ ਪੇਟ ਵਿਚ ਅੱਗ ਹੈ ਤਿਵੇਂ ਬਾਹਰ ਜਗਤ ਵਿਚ ਮਾਇਆ (ਦੁਖਦਾਈ) ਹੈ। ਮਾਇਆ ਤੇ ਅੱਗ ਇਕੋ ਜਿਹੀਆਂ ਹੀ ਹਨ, ਕਰਤਾਰ ਨੇ ਐਸੀ ਹੀ ਖੇਡ ਰਚ ਦਿੱਤੀ ਹੈ।

ਜਦੋਂ ਪਰਮਾਤਮਾ ਦੀ ਰਜ਼ਾ ਹੁੰਦੀ ਹੈ ਜੀਵ ਪੈਦਾ ਹੁੰਦਾ ਹੈ ਪਰਵਾਰ ਵਿਚ ਪਿਆਰਾ ਲੱਗਦਾ ਹੈ (ਪਰਵਾਰ ਦੇ ਜੀਵ ਉਸ ਨਵੇਂ ਜੰਮੇ ਬਾਲ ਨੂੰ ਪਿਆਰ ਕਰਦੇ ਹਨ, ਇਸ ਪਿਆਰ ਵਿਚ ਫਸ ਕੇ ਉਸ ਦੀ ਪ੍ਰਭੂ-ਚਰਨਾਂ ਨਾਲੋਂ) ਪ੍ਰੀਤ ਦੀ ਤਾਰ ਟੁੱਟ ਜਾਂਦੀ ਹੈ, ਮਾਇਆ ਦੀ ਤ੍ਰਿਸ਼ਨਾ ਆ ਚੰਬੜਦੀ ਹੈ, ਮਾਇਆ (ਉਸ ਉਤੇ) ਆਪਣਾ ਜ਼ੋਰ ਪਾ ਲੈਂਦੀ ਹੈ।

ਮਾਇਆ ਹੈ ਹੀ ਐਸੀ ਕਿ ਇਸ ਦੀ ਰਾਹੀਂ ਰੱਬ ਭੁੱਲ ਜਾਂਦਾ ਹੈ, (ਦੁਨੀਆ ਦਾ) ਮੋਹ ਪੈਦਾ ਹੋ ਜਾਂਦਾ ਹੈ, (ਰੱਬ ਤੋਂ ਬਿਨਾ) ਹੋਰ ਹੋਰ ਪਿਆਰ ਉਪਜ ਪੈਂਦਾ ਹੈ (ਫਿਰ ਅਜੇਹੀ ਹਾਲਤ ਵਿਚ ਆਤਮਕ ਆਨੰਦ ਕਿਥੋਂ ਮਿਲੇ ?)

ਨਾਨਕ ਆਖਦਾ ਹੈ—ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਬੰਦਿਆਂ ਦੀ ਪ੍ਰੀਤ ਦੀ ਡੋਰ ਪ੍ਰਭੂ-ਚਰਨਾਂ ਨਾਲ ਜੁੜੀ ਰਹਿੰਦੀ ਹੈ, ਉਹਨਾਂ ਨੂੰ ਮਾਇਆ ਵਿਚ ਵਰਤਦਿਆਂ ਹੀ (ਆਤ-ਮਕ ਆਨੰਦ) ਮਿਲ ਪੈਂਦਾ ਹੈ।

ਭਾਵ :—ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਮਨੁੱਖਾਂ ਦੀ ਸੁਰਤਿ ਦੁਨੀਆਂ ਦੇ ਕਾਰ-ਵਿਹਾਰ ਕਰਦਿਆਂ ਹੀ ਪ੍ਰਭੂ-ਚਰਨਾਂ ਵਿਚ ਜੁੜੀ ਰਹਿੰਦੀ ਹੈ ਉਹਨਾਂ ਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ। ਜਗਤ ਦਾ ਹਾਲ ਤਾਂ ਇਹ ਹੈ ਕਿ ਜੀਵ ਨੂੰ ਜੰਮਦੇ ਨੂੰ ਹੀ ਮਾਂ ਪਿਉ ਆਦਿਕ ਦੇ ਪਿਆਰ ਦੀ ਰਾਹੀਂ ਮਾਇਆ ਪ੍ਰਭੂ-ਚਰਨਾਂ ਨਾਲੋਂ ਵਿਛੋੜ ਲੈਂਦੀ ਹੈ।

ਹਰਿ ਆਪਿ ਅਮੁਲਕੁ ਹੈ, ਮੁਲਿ ਨ ਪਾਇਆ ਜਾਇ ॥ ਮੁਲਿ ਨ ਪਾਇਆ ਜਾਇ ਕਿਸੈ ਵਿਟਹੁ, ਰਹੇ ਲੋਕ ਵਿਲਲਾਇ ॥ ਐਸਾ ਸਤਿਗੁਰੁ ਜੇ ਮਿਲੈ, ਤਿਸ ਨੋ ਸਿਰੁ ਸਉਪੀਐ, ਵਿਚਹੁ ਆਪੁ ਜਾਇ ॥ ਜਿਸ ਦਾ ਜੀਉ, ਤਿਸੁ ਮਿਲਿ ਰਹੈ,ਹਰਿ ਵਸੈ ਮਨਿ ਆਇ ॥ ਹਰਿ ਆਪਿ ਅਮੁਲਕੁ ਹੈ, ਭਾਗ ਤਿਨਾ ਕੇ ਨਾਨਕਾ, ਜਿਨ ਹਰਿ ਪਲੈ ਪਾਇ ॥ ੩੦॥ [ਪੰਨਾ ੯੨੧]

ਪਦ ਅਰਥ :—ਅਮੁਲਕੁ—ਜੋ ਕਿਸੇ ਕੀਮਤ ਤੋਂ ਮਿਲ ਨ ਸਕੇ। ਮੁਲਿ—ਕੀਮਤ ਨਾਲ, ਕੀਮਤ ਦੇ ਕੇ। ਕਿਸੈ ਵਿਟਹੁ—ਕਿਸੇ ਭੀ ਬੰਦੇ ਤੋਂ। ਵਿਲਲਾਇ—ਖਪ ਖਪ ਕੇ। ਰਹੇ—ਰਹਿ ਗਏ, ਥੱਕ ਗਏ, ਹਾਰ ਗਏ। ਆਪੁ—ਆਪਾ-ਭਾਵ। ਜਿਸ ਦਾ—ਜਿਸ ਪਰ-

ਮਾਤਮਾ ਦਾ ਪੈਦਾ ਕੀਤਾ ਹੋਇਆ। ਜੀਉ–ਜੀਵ। ਮਨਿ–ਮਨ ਵਿਚ। ਪਲੈ ਪਾਇ–(ਗੁਰੂ ਦੇ) ਲੜ ਲਾ ਦੇਂਦਾ ਹੈ।

ਅਰਥ :–(ਜਦ ਤਕ ਪਰਮਾਤਮਾ ਦਾ ਮਿਲਾਪ ਨ ਹੋਵੇ ਤਦ ਤਕ ਆਨੰਦ ਨਹੀਂ ਮਾਣਿਆ ਜਾ ਸਕਦਾ, ਪਰ) ਪ੍ਰਭੂ ਦਾ ਮੁੱਲ ਨਹੀਂ ਪੈ ਸਕਦਾ, ਪਰਮਾਤਮਾ(ਧਨ ਆਦਿਕ) ਕਿਸੇ ਕੀਮਤ ਤੋਂ ਨਹੀਂ ਮਿਲ ਸਕਦਾ। ਜੀਵ ਖਪ ਖਪ ਕੇ ਹਾਰ ਗਏ, ਕਿਸੇ ਨੂੰ (ਧਨ ਆਦਿਕ) ਕੀਮਤ ਦੇ ਕੇ ਪਰਮਾਤਮਾ ਨਹੀਂ ਮਿਲਿਆ।

(ਹਾਂ,) ਜੇ ਅਜੇਹਾ ਗੁਰੂ ਮਿਲ ਪਏ (ਜਿਸ ਦੇ ਮਿਲਿਆਂ ਮਨੁੱਖ ਦੇ) ਅੰਦਰੋਂ ਆਪਾ-ਭਾਵ ਨਿਕਲ ਜਾਏ (ਤੇ ਜਿਸ ਗੁਰੂ ਦੇ ਮਿਲਿਆਂ) ਜੀਵ ਉਸ ਹਰੀ ਦੇ ਚਰਨਾਂ ਵਿਚ ਜੁੜਿਆ ਰਹੇ ਉਹ ਹਰੀ ਉਸ ਦੇ ਮਨ ਵਿਚ ਵੱਸ ਪਏ ਜਿਸ ਦਾ ਇਹ ਪੈਦਾ ਕੀਤਾ ਹੋਇਆ ਹੈ, ਤਾਂ ਉਸ ਗੁਰੂ ਦੇ ਅੱਗੇ ਆਪਣਾ ਸਿਰ ਭੇਟ ਕਰ ਦੇਣਾ ਚਾਹੀਦਾ ਹੈ (ਆਪਣਾ ਆਪ ਅਰਪਣ ਕਰ ਦੇਣਾ ਚਾਹੀਦਾ ਹੈ)

ਹੇ ਨਾਨਕ ! ਪਰਮਾਤਮਾ ਦਾ ਮੁੱਲ ਨਹੀਂ ਪੈ ਸਕਦਾ (ਕਿਸੇ ਕੀਮਤ ਤੋਂ ਨਹੀਂ ਮਿਲਦਾ, ਪਰ) ਪਰਮਾਤਮਾ ਜਿਨ੍ਹਾਂ ਨੂੰ (ਗੁਰੂ ਦੇ) ਲੜ ਲਾ ਦੇਂਦਾ ਹੈ ਉਹਨਾਂ ਦੇ ਭਾਗ ਜਾਗ ਪੈਂਦੇ ਹਨ (ਉਹ ਆਤਮਕ ਆਨੰਦ ਮਾਣਦੇ ਹਨ)। ੩੦।

ਭਾਵ :–ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਪਰਮਾਤਮਾ ਦਾ ਮਿਲਾਪ ਨਹੀਂ ਹੋ ਸਕਦਾ। ਤੇ, ਜਿਸ ਹਿਰਦੇ ਵਿਚ ਪ੍ਰਭੂ ਨਾਲ ਪਿਆਰ ਨਹੀਂ, ਉਥੇ ਆਤਮਕ ਆਨੰਦ ਕਿੱਥੇ ? ਹਾਂ, ਜਿਸ ਮਨੁੱਖ ਨੂੰ ਪਰਮਾਤਮਾ ਗੁਰੂ ਦੇ ਲੜ ਲਾ ਦੇਂਦਾ ਹੈ, ਉਸ ਦੇ ਭਾਗ ਜਾਗ ਪੈਂਦੇ ਹਨ।

ਹਰਿ ਰਾਸਿ ਮੇਰੀ ਮਨੁ ਵਣਜਾਰਾ ॥ ਹਰਿ ਰਾਸਿ ਮੇਰੀ ਮਨੁ ਵਣਜਾਰਾ, ਸਤਿਗੁਰ ਤੇ ਰਾਸਿ ਜਾਣੀ॥ਹਰਿ ਹਰਿ ਨਿਤ ਜਪਿਹੁ ਜੀਅਹੁ, ਲਾਹਾ ਖਟਿਹੁ ਦਿਹਾੜੀ ॥ ਏਹੁ ਧਨੁ ਤਿਨਾ ਮਿਲਿਆ ਜਿਨ ਹਰਿ ਆਪੇ ਭਾਣਾ ॥ ਕਹੈ ਨਾਨਕੁ ਹਰਿ ਰਾਸਿ ਮੇਰੀ ਮਨੁ ਹੋਆ ਵਣਜਾਰਾ ॥੩੧॥ [੯੨੧]

ਪਦ ਅਰਥ :–ਰਾਸਿ–ਵਣਜ-ਵਪਾਰ ਕਰਨ ਵਾਸਤੇ ਧਨ ਦੀ ਪੂੰਜੀ। ਵਣਜਾਰਾ–ਵਣਜ ਕਰਨ ਵਾਲਾ। ਸਤਿਗੁਰ ਤੇ ਜਾਣੀ–ਗੁਰੂ ਤੋਂ ਪਛਾਣ ਪ੍ਰਾਪਤ ਕੀਤੀ। ਜੀਅਹੁ–ਦਿਲੋਂ, ਪੂਰੇ ਪ੍ਰੇਮ ਨਾਲ। ਦਿਹਾੜੀ–ਹਰ ਰੋਜ਼। ਭਾਣਾ–ਚੰਗਾ ਲੱਗਾ।

ਅਰਥ :–ਆਪਣੇ ਗੁਰੂ ਤੋਂ ਮੈਨੂੰ ਸਮਝ ਆਈ ਹੈ ਕਿ (ਆਤਮਕ ਆਨੰਦ ਦੀ ਖੱਟੀ ਖੱਟਣ ਲਈ) ਪਰਮਾਤਮਾ ਦਾ ਨਾਮ ਹੀ ਮੇਰੀ ਰਾਸਿ-ਪੂੰਜੀ (ਹੋ ਸਕਦੀ ਹੈ), ਮੇਰਾ ਮਨ (ਇਸ ਵਣਜ ਦਾ) ਵਪਾਰੀ ਬਣ ਗਿਆ ਹੈ। ਪਰਮਾਤਮਾ ਦਾ ਨਾਮ ਮੇਰੀ ਰਾਸਿ-ਪੂੰਜੀ ਹੈ ਤੇ ਮੇਰਾ ਮਨ ਵਪਾਰੀ ਹੋ ਗਿਆ ਹੈ।

(ਹੇ ਭਾਈ !) ਤੁਸੀ ਭੀ ਪ੍ਰੇਮ ਨਾਲ ਸਦਾ ਹਰੀ ਦਾ ਨਾਮ ਜਪਿਆ ਕਰੋ, ਤੇ ਹਰ ਰੋਜ਼ (ਆਤਮਕ ਆਨੰਦ ਦਾ) ਲਾਭ ਖੱਟੋ ।(ਹਰੀ-ਨਾਮ ਦਾ, ਆਤਮਕ ਆਨੰਦ ਦਾ) ਇਹ ਧਨ ਉਹਨਾਂ ਨੂੰ ਹੀ ਮਿਲਦਾ ਹੈ, ਜਿਨ੍ਹਾਂ ਨੂੰ ਦੇਣਾ ਪ੍ਰਭੂ ਨੂੰ ਆਪ ਹੀ ਚੰਗਾ ਲੱਗਦਾ ਹੈ। ਨਾਨਕ ਆਖਦਾ ਹੈ-ਪਰਮਾਤਮਾ ਦਾ ਨਾਮ ਮੇਰੀ ਪੂੰਜੀ ਬਣ ਗਈ ਹੈ (ਹੁਣ ਗੁਰੂ ਦੀ ਕਿਰਪਾ ਨਾਲ ਮੈਂ ਆਤਮਕ ਆਨੰਦ ਦੀ ਖੱਟੀ ਖੱਟਦਾ ਹਾਂ) । ੩੧ ।

ਭਾਵ :-ਗੁਰੂ ਪਾਸੋਂ ਇਹ ਸਮਝ ਆਉਂਦੀ ਹੈ ਕਿ ਆਤਮਕ ਆਨੰਦ ਦੀ ਖੱਟੀ ਖੱਟਣ ਵਾਸਤੇ ਪਰਮਾਤਮਾ ਦਾ ਨਾਮ ਹੀ ਮਨੁੱਖ ਦਾ ਸਰਮਾਇਆ ਬਣਨਾ ਚਾਹੀਦਾ ਹੈ। ਇਹ ਸਰਮਾਇਆ ਉਹਨਾਂ ਨੂੰ ਹੀ ਮਿਲਦਾ ਹੈ ਜਿਨ੍ਹਾਂ ਉਤੇ ਪ੍ਰਭੂ ਆਪ ਮਿਹਰ ਕਰੇ।

ਏ ਰਸਨਾ ਤੂ ਅਨ ਰਸਿ ਰਾਚਿ ਰਹੀ ਤੇਰੀ ਪਿਆਸ ਨ ਜਾਇ॥ਪਿਆਸ ਨ ਜਾਇ ਹੋਰਤੁ ਕਿਤੈ ਜਿਚਰੁ ਹਰਿ ਰਸੁ ਪਲੈ ਨ ਪਾਇ ॥ ਹਰਿ ਰਸੁ ਪਾਇ ਪਲੈ ਪੀਐ ਹਰਿ ਰਸੁ ਬਹੁੜਿ ਨ ਤ੍ਰਿਸਨਾ ਲਾਗੈ ਆਇ ॥ ਏਹੁ ਹਰਿ ਰਸੁ ਕਰਮੀ ਪਾਈਐ ਸਤਿਗੁਰੁ ਮਿਲੈ ਜਿਸੁ ਆਇ ॥ ਕਹੈ ਨਾਨਕੁ ਹੋਰਿ ਅਨ ਰਸ ਸਭਿ ਵੀਸਰੇ ਜਾ ਹਰਿ ਵਸੈ ਮਨਿ ਆਇ ॥ ੩੨ ॥ [੯੨੧]

ਪਦ ਅਰਥ :-ਏ ਰਸਨਾ-ਹੇ(ਮੇਰੀ) ਜੀਭ ! ਅਨ ਰਸਿ-ਹੋਰ ਹੋਰ ਰਸ ਵਿਚ । ਰਾਚਿ ਰਹੀ-ਮਸਤ ਹੋ ਰਹੀ ਹੈਂ । ਪਿਆਸ-ਸੁਆਦਾਂ ਦਾ ਚਸਕਾ । ਹੋਰਤੁ ਕਿਤੈ-ਕਿਸੇ ਹੋਰ ਥਾਂ ਤੋਂ । ਪਲੈ ਨ ਪਾਇ-ਨਹੀਂ ਮਿਲਦਾ। ਪੀਐ-ਪੀਂਦਾ ਹੈ । ਬਹੁੜਿ-ਮੁੜ,ਫਿਰ । ਕਰਮੀ-ਪ੍ਰਭੂ ਦੀ ਮੇਹਰ ਨਾਲ । ਹੋਰਿ ਅਨ ਰਸ-ਹੋਰ ਦੂਜੇ ਸਾਰੇ ਸੁਆਦ । ਸਭਿ-ਸਾਰੇ। ਮਨਿ-ਮਨ ਵਿਚ ।

ਅਰਥ :-ਹੇ (ਮੇਰੀ) ਜੀਭ! ਤੂੰ ਹੋਰ ਹੋਰ ਸੁਆਦ ਵਿਚ ਮਸਤ ਹੋ ਰਹੀ ਹੈਂ,(ਇਸ ਤਰ੍ਹਾਂ)ਤੇਰਾ ਸੁਆਦਾਂ ਦਾ ਚਸਕਾ ਦੂਰ ਨਹੀਂ ਹੋ ਸਕਦਾ ।

ਜਿਤਨਾ ਚਿਰ ਪਰਮਾਤਮਾ ਦੇ ਸਿਮਰਨ ਦਾ ਆਨੰਦ ਪ੍ਰਾਪਤ ਨ ਹੋਵੇ, (ਉਤਨਾ ਚਿਰ) ਕਿਸੇ ਹੋਰ ਥਾਂ ਤੋਂ ਸੁਆਦਾਂ ਦਾ ਚਸਕਾ ਮਿਟ ਨਹੀਂ ਸਕਦਾ ।

ਜਿਸ ਮਨੁੱਖ ਨੂੰ ਪਰਮਾਤਮਾ ਦੇ ਨਾਮ ਦਾ ਆਨੰਦ ਮਿਲ ਜਾਏ, ਜੋ ਮਨੁੱਖ ਹਰੀ-ਸਿਮਰਨ ਦਾ ਸੁਆਦ ਮਾਣਨ ਲੱਗ ਪਏ,ਉਸ ਨੂੰ ਮਾਇਆ ਦੀ ਤ੍ਰਿਸ਼ਨਾ ਨਹੀਂ ਪੋਹ ਸਕਦੀ। ਪਰ ਇਹ ਹਰੀ-ਨਾਮ ਦਾ ਆਨੰਦ ਪ੍ਰਭੂ ਦੀ ਮੇਹਰ ਨਾਲ ਮਿਲਦਾ ਹੈ (ਉਸ ਨੂੰ ਮਿਲਦਾ ਹੈ) ਜਿਸ ਨੂੰ ਗੁਰੂ ਮਿਲੇ ।

ਨਾਨਕ ਆਖਦਾ ਹੈ-ਜਦੋਂ ਹਰੀ-ਸਿਮਰਨ ਦਾ ਆਨੰਦ ਮਨ ਵਿਚ ਵੱਸ ਪਏ,ਤਦੋਂ ਹੋਰ ਹੋਰ ਸਾਰੇ ਚਸਕੇ ਭੁੱਲ ਜਾਂਦੇ ਹਨ । ੩੨ ।

ਭਾਵ: ਕਈ ਤਰ੍ਹਾਂ ਦੇ ਖਾਣੇ ਖਾਣ ਨਾਲ ਭੀ ਮਨੁੱਖ ਦਾ ਜੀਭ ਦਾ ਚਸਕਾ ਮੁੱਕਦਾ

ਨਹੀਂ । ਬੜਾ ਖ਼ੁਆਰ ਹੁੰਦਾ ਹੈ ਮਨੁੱਖ ਇਸ ਚਸਕੇ ਵਿਚ । ਪਰ ਜਦੋਂ ਮਨੁੱਖ ਨੂੰ ਹਰਿ-ਨਾਮ ਸਿਮਰਨ ਦਾ ਆਨੰਦ ਆਉਣ ਲੱਗ ਪੈਂਦਾ ਹੈ, ਜੀਵ ਦਾ ਚਸਕਾ ਖ਼ਤਮ ਹੋ ਜਾਂਦਾ ਹੈ। ਪਰਮਾਤਮਾ ਦੀ ਮਿਹਰ ਨਾਲ ਜਿਸ ਨੂੰ ਗੁਰੂ ਮਿਲ ਪਏ, ਉਸ ਨੂੰ ਹਰਿ-ਨਾਮ ਦਾ ਆਨੰਦ ਪ੍ਰਾਪਤ ਹੁੰਦਾ ਹੈ ।

ਏ ਸਰੀਰਾ ਮੇਰਿਆ ਹਰਿ ਤੁਮ ਮਹਿ ਜੋਤਿ ਰਖੀ ਤਾ ਤੂ ਜਗ ਮਹਿ ਆਇਆ ॥ ਹਰਿ ਜੋਤਿ ਰਖੀ ਤੁਧੁ ਵਿਚ, ਤਾ ਤੂ ਜਗ ਮਹਿ ਆਇਆ॥ ਹਰਿ ਆਪੇ ਮਾਤਾ ਆਪੇ ਪਿਤਾ ਜਿਨਿ ਜੀਉ ਉਪਾਇ ਜਗਤੁ ਦਿਖਾਇਆ ॥ ਗੁਰ ਪਰਸਾਦੀ ਬੁਝਿਆ ਤਾ ਚਲਤੁ ਹੋਆ ਚਲਤੁ ਨਦਰੀ ਆਇਆ ॥ ਕਹੈ ਨਾਨਕੁ ਸ੍ਰਿਸਟਿ ਕਾ ਮੂਲੁ ਰਚਿਆ ਜੋਤਿ ਰਾਖੀ ਤਾ ਤੂ ਜਗ ਮਹਿ ਆਇਆ॥ ੩੩ ॥ [ਪੰਨਾ ੯੨੧]

ਪਦ ਅਰਥ :–ਜੀਉ–ਜੀਵ । ਉਪਾਇ–ਪੈਦਾ ਕਰ ਕੇ । ਜਗਤੁ ਦਿਖਾਇਆ–ਜੀਵ ਨੂੰ ਜਗਤ ਵਿਚ ਭੇਜਦਾ ਹੈ। ਚਲਤੁ–ਖੇਡ, ਤਮਾਸ਼ਾ । ਮੂਲੁ ਰਚਿਆ–ਮੁੱਢ ਬੁਧਾ । ਜਿਨਿ–ਜਿਸ (ਪਰਮਾਤਮਾ) ਨੇ ।

ਅਰਥ :–ਮੇਰੇ ਸਰੀਰ ! (ਤੂੰ ਦੁਨੀਆ ਦੇ ਪਦਾਰਥਾਂ ਵਿਚੋਂ ਅਨੰਦ ਢੂੰਢਦਾ ਹੈਂ, ਪਰ ਆਨੰਦ ਦਾ ਸੋਮਾ ਤਾਂ ਪਰਮਾਤਮਾ ਹੈ ਜੋ ਤੇਰੇ ਅੰਦਰ ਵੱਸਦਾ ਹੈ) ਤੂੰ ਜਗਤ ਵਿਚ ਆਇਆ ਹੀ ਤਦੋਂ, ਜਦੋਂ ਹਰੀ ਨੇ ਆਪਣੀ ਜੋਤਿ ਤੇਰੇ ਅੰਦਰ ਰੱਖ ਦਿੱਤੀ । (ਇਹ ਯਕੀਨ ਜਾਣ ਕਿ) ਜਦੋਂ ਪਰਮਾਤਮਾ ਨੇ ਤੇਰੇ ਅੰਦਰ ਆਪਣੀ ਜੋਤਿ ਰੱਖੀ, ਤਦੋਂ ਤੂ ਜਗਤ ਵਿਚ ਜੰਮਿਆ ।

ਜੇਹੜਾ ਪਰਮਾਤਮਾ ਜੀਵ ਪੈਦਾ ਕਰਕੇ ਉਸ ਨੂੰ ਜਗਤ ਵਿਚ ਭੇਜਦਾ ਹੈ ਉਹ ਆਪ ਹੀ ਇਸ ਦੀ ਮਾਂ ਹੈ ਆਪ ਹੀ ਇਸ ਦਾ ਪਿਤਾ ਹੈ (ਪ੍ਰਭੂ ਆਪ ਹੀ ਮਾਪਿਆਂ ਵਾਂਗ ਜੀਵ ਨੂੰ ਹਰ ਤਰ੍ਹਾਂ ਦਾ ਸੁਖ ਦੇਂਦਾ ਹੈ, ਸੁਖ ਆਨੰਦ ਦਾ ਦਾਤਾ ਹੈ ਹੀ ਪ੍ਰਭੂ ਆਪ । ਪਰ ਜੀਵ ਜਗਤ ਵਿਚੋਂ ਮਾਇਕ ਪਦਾਰਥਾਂ ਵਿਚੋਂ ਆਨੰਦ ਭਾਲਦਾ ਹੈ)। ਜਦੋਂ ਗੁਰੂ ਦੀ ਮੇਹਰ ਨਾਲ ਜੀਵ ਨੂੰ ਗਿਆਨ ਹੁੰਦਾ ਹੈ ਤਾਂ ਇਸ ਨੂੰ ਸਮਝ ਆਉਂਦੀ ਹੈ ਕਿ ਇਹ ਜਗਤ ਤਾਂ ਇਕ ਖੇਡ ਹੀ ਹੈ, ਫਿਰ ਜੀਵ ਨੂੰ ਇਹ ਜਗਤ (ਮਦਾਰੀ ਦਾ) ਇਕ ਤਮਾਸ਼ਾ ਹੀ ਦਿੱਸ ਪੈਂਦਾ ਹੈ (ਸਦਾ ਥਿਰ ਰਹਿਣ ਵਾਲਾ ਆਤਮਕ ਆਨੰਦ ਇਸ ਵਿਚ ਨਹੀਂ ਹੋ ਸਕਦਾ)।

ਨਾਨਕ ਆਖਦਾ ਹੈ–ਹੇ ਮੇਰੇ ਸਰੀਰ ! ਜਦੋਂ ਪ੍ਰਭੂ ਨੇ ਜਗਤ-ਰਚਨਾ ਦਾ ਮੁੱਢ ਬੱਧਾ, ਤੇਰੇ ਅੰਦਰ ਆਪਣੀ ਜੋਤਿ ਪਾਈ, ਤਦੋਂ ਤੂੰ ਜਗਤ ਵਿਚ ਜਨਮਿਆ ।੩੩।

ਭਾਵ : ਸੁਖ-ਆਨੰਦ ਦਾ ਦਾਤਾ ਹੈ ਹੀ ਪਰਮਾਤਮਾ ਆਪ; ਪਰ ਮਨੁੱਖ ਜਗਤ ਵਿਚ

ਮਾਇਕ ਪਦਾਰਥਾਂ ਵਿਚੋਂ ਆਨੰਦ ਭਾਲਦਾ ਰਹਿੰਦਾ ਹੈ। ਗੁਰੂ ਦੀ ਮਿਹਰ ਨਾਲ ਇਹ ਸਮਝ ਪੈਂਦੀ ਹੈ ਕਿ ਇਹ ਜਗਤ ਤਾਂ ਮਦਾਰੀ ਦਾ ਤਮਾਸ਼ਾ ਹੀ ਹੈ, ਇਸ ਵਿਚੋਂ ਸਦਾ ਟਿਕੇ ਰਹਿਣ ਵਾਲਾ ਆਤਮਕ ਆਨੰਦ ਨਹੀਂ ਮਿਲ ਸਕਦਾ।

ਮਨਿ ਚਾਉ ਭਇਆ ਪ੍ਰਭ ਆਗਮੁ ਸੁਣਿਆ ॥ ਹਰਿ ਮੰਗਲੁ ਗਾਉ ਸਖੀ ਗ੍ਰਿਹਿ ਮੰਦਰੁ ਬਣਿਆ॥ਹਰਿ ਗਾਉ ਮੰਗਲੁ ਨਿਤ ਸਖੀਏ ਸੋਗੁ ਦੂਖੁ ਨ ਵਿਆਪਏ ॥ ਗੁਰ ਚਰਨ ਲਾਗੇ ਦਿਨ ਸਭਾਗੇ ਆਪਣਾ ਪਿਰੁ ਜਾਪਏ ॥ ਅਨਹਤ ਬਾਣੀ ਗੁਰ ਸਬਦਿ ਜਾਣੀ ਹਰਿ ਨਾਮੁ ਹਰਿ ਰਸੁ ਭੋਗੋ ॥ ਕਹੈ ਨਾਨਕੁ ਪ੍ਰਭੁ ਆਪਿ ਮਿਲਿਆ ਕਰਣ ਕਾਰਣ ਜੋਗੋ ॥ ੩੪ ॥ [੯੨੧]

ਪਦ ਅਰਥ :–ਚਾਉ–ਆਨੰਦ। ਪ੍ਰਭ ਆਗਮੁ–ਪ੍ਰਭੂ ਦਾ ਆਉਣਾ। ਸਖੀ–ਹੇ ਸਖੀ ! ਹੇ ਜਿੰਦੇ ! ਮੰਗਲੁ–ਖ਼ੁਸ਼ੀ ਦਾ ਗੀਤ, ਪ੍ਰਭੂ ਦੀ ਸਿਫ਼ਤਿ ਸਾਲਾਹ ਦਾ ਗੀਤ। ਗ੍ਰਿਹੁ–ਹਿਰਦਾ-ਘਰ। ਮੰਦਰੁ–ਪ੍ਰਭੂ ਦਾ ਨਿਵਾਸ-ਅਸਥਾਨ । ਨ ਵਿਆਪਏ–ਨਹੀਂ ਵਿਆਪਦਾ, ਆਪਣਾ ਦਬਾਉ ਨਹੀਂ ਪਾਂਦਾ। ਸਭਾਗੇ–ਭਾਗਾਂ ਵਾਲੇ। ਜਾਪਏ–ਦਿੱਸ ਪਿਆ ਹੈ। ਅਨਹਤ–ਇਕ-ਰਸ। ਅਨਹਤ ਬਾਣੀ–ਇਕ-ਰਸ ਸਿਫ਼ਤਿ ਸਾਲਾਹ ਦੀ ਰੌ। ਸਬਦਿ–ਸ਼ਬਦ ਦੀ ਰਾਹੀਂ। ਜੋਗੋ–ਸਮਰੱਥ।

ਅਰਥ :–ਆਪਣੀ ਹਿਰਦੇ-ਸੇਜ ਉਤੇ ਪ੍ਰਭੂ-ਪਤੀ ਦਾ ਆਉਣਾ ਮੈਂ ਸੁਣ ਲਿਆ ਹੈ(ਮੈਂ ਅਨੁਭਵ ਕਰ ਲਿਆ ਹੈ ਕਿ ਪ੍ਰਭੂ ਮੇਰੇ ਹਿਰਦੇ ਵਿਚ ਆ ਵੱਸਿਆ ਹੈ ਹੁਣ)ਮੇਰੇ ਮਨ ਵਿਚ ਆਨੰਦ ਬਣ ਗਿਆ ਹੈ।ਹੇ ਮੇਰੀ ਜਿੰਦੇ ! ਮੇਰਾ ਇਹ ਹਿਰਦਾ-ਘਰ ਪ੍ਰਭੂ-ਪਤੀ ਦਾ ਨਿਵਾਸ-ਅਸਥਾਨ ਬਣ ਗਿਆ ਹੈ,ਹੁਣ ਤੂੰ ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਗੀਤ ਗਾ। ਹੇ ਜਿੰਦੇ ! ਸਦਾ ਪ੍ਰਭੂ ਦੀ ਵਡਿਆਈ ਦਾ ਗੀਤ ਗਾਂਦੀ ਰਹੁ, (ਇਸ ਤਰ੍ਹਾਂ) ਕੋਈ ਫ਼ਿਕਰ ਕੋਈ ਦੁੱਖ (ਆਪਣਾ) ਜ਼ੋਰ ਨਹੀਂ ਪਾ ਸਕਦਾ।

ਉਹ ਦਿਨ ਭਾਗਾਂ ਵਾਲੇ ਹੁੰਦੇ ਹਨ ਜਦੋਂ (ਮੱਥਾ) ਗੁਰੂ ਦੇ ਚਰਨਾਂ ਉਤੇ ਟਿਕੇ, ਪਿਆਰਾ ਪਤੀ-ਪ੍ਰਭੂ (ਹਿਰਦੇ ਵਿਚ) ਦਿੱਸ ਪੈਂਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਇਕ-ਰਸ ਸਿਫ਼ਤਿ ਸਾਲਾਹ ਦੀ ਰੌ ਨਾਲ ਸਾਂਝ ਬਣ ਜਾਂਦੀ ਹੈ, ਪ੍ਰਭੂ ਦਾ ਨਾਮ ਪ੍ਰਾਪਤ ਹੋ ਜਾਂਦਾ ਹੈ, ਪ੍ਰਭੂ-ਮਿਲਾਪ ਦਾ ਆਨੰਦ ਮਾਣੀਦਾ ਹੈ।

ਨਾਨਕ ਆਖਦਾ ਹੈ–(ਹੇ ਜਿੰਦੇ ! ਖ਼ੁਸ਼ੀ ਦਾ ਗੀਤ ਗਾ)ਸਭ ਕੁਝ ਕਰਨ ਦੇ ਸਮਰੱਥ ਪ੍ਰਭੂ ਆਪ ਆ ਕੇ ਮੈਨੂੰ ਮਿਲ ਪਿਆ ਹੈ। ੩੪।

ਭਾਵ : ਮਨੁੱਖ ਦੇ ਅੰਦਰ ਆਤਮਕ ਆਨੰਦ ਤਦੋਂ ਹੀ ਬਣਦਾ ਹੈ ਜਦੋਂ ਉਸ ਦੇ ਹਿਰਦੇ ਵਿਚ ਪਰਮਾਤਮਾ ਦਾ ਪਰਕਾਸ਼ ਹੁੰਦਾ ਹੈ। ਤਦੋਂ ਮਨੁੱਖ ਦਾ ਹਿਰਦਾ ਵਿਕਾਰਾਂ ਤੋਂ ਪਵਿੱਤਰ ਹੋ ਜਾਂਦਾ ਹੈ, ਕੋਈ ਚਿੰਤਾ ਕੋਈ ਦੁੱਖ ਉਸ ਉਤੇ ਆਪਣਾ ਜ਼ੋਰ ਨਹੀਂ ਪਾ

ਸਕਦਾ। ਪਰ ਇਹ ਪਰਕਾਸ਼ ਗੁਰੂ ਦੀ ਰਾਹੀਂ ਹੀ ਹੁੰਦਾ ਹੈ।

ਏ ਸਰੀਰਾ ਮੇਰਿਆ, ਇਸੁ ਜਗ ਮਹਿ ਆਇ ਕੈ, ਕਿਆ ਤੁਧੁ ਕਰਮ ਕਮਾਇਆ ॥ ਕਿ ਕਰਮ ਕਮਾਇਆ ਤੁਧੁ ਸਰੀਰਾ, ਜਾ ਤੂ ਜਗ ਮਹਿ ਆਇਆ ॥ ਜਿਨਿ ਹਰਿ ਤੇਰਾ ਰਚਨੁ ਰਚਿਆ, ਸੋ ਹਰਿ ਮਨਿ ਨ ਵਸਾਇਆ॥ ਗੁਰ ਪਰਸਾਦੀ ਹਰਿ ਮੰਨਿ ਵਸਿਆ, ਪੂਰਬਿ ਲਿਖਿਆ ਪਾਇਆ ॥ ਕਹੈ ਨਾਨਕੁ, ਏਹੁ ਸਰੀਰੁ ਪਰਵਾਣੁ ਹੋਆ, ਜਿਨਿ ਸਤਿਗੁਰ ਸਿਉ ਚਿਤੁ ਲਾਇਆ॥ ੩੫॥ [ਪੰਨਾ ੯੨੧]

ਪਦ ਅਰਥ :–ਕਿਆ ਕਰਮ–ਕੇਹੜੇ ਕੰਮ ? ਹੋਰ ਹੋਰ ਕੰਮ ਹੀ। ਜਿਨਿ ਹਰਿ– ਜਿਸ ਹਰੀ ਨੇ। ਤੇਰਾ ਰਚਨੁ ਰਚਿਆ–ਤੈਨੂੰ ਪੈਦਾ ਕੀਤਾ। ਮਨਿ–ਮਨ ਵਿਚ। ਮੰਨਿ– ਮਨ ਵਿਚ। ਜਿਨਿ–ਜਿਸ ਮਨੁੱਖ ਨੇ। ਪਰਵਾਣੁ–ਕਬੂਲ, ਸਫਲ।

ਅਰਥ :–ਹੇ ਮੇਰੇ ਸਰੀਰ ! ਇਸ ਜਗਤ ਵਿਚ ਜਨਮ ਲੈ ਕੇ ਤੂੰ ਹੋਰ ਹੋਰ ਕੰਮ ਹੀ ਕਰਦਾ ਰਿਹਾ। ਜਦੋਂ ਦਾ ਤੂੰ ਸੰਸਾਰ ਵਿਚ ਆਇਆ ਹੈਂ, ਤੂੰ (ਪ੍ਰਭੂ-ਸਿਮਰਨ ਤੋਂ ਬਿਨਾ) ਹੋਰ ਹੋਰ ਕੰਮ ਹੀ ਕਰਦਾ ਰਿਹਾ। ਜਿਸ ਹਰੀ ਨੇ ਤੈਨੂੰ ਪੈਦਾ ਕੀਤਾ ਹੈ, ਉਸ ਨੂੰ ਤੂੰ ਆਪਣੇ ਮਨ ਵਿਚ ਨਹੀਂ ਵਸਾਇਆ (ਉਸ ਦੀ ਯਾਦ ਵਿਚ ਕਦੇ ਨਹੀਂ ਜੁੜਿਆ)।

(ਪਰ, ਹੇ ਸਰੀਰ ! ਤੇਰੇ ਭੀ ਕੀਹ ਵੱਸ ?) ਜਿਸ ਮਨੁੱਖ ਦੇ ਪੂਰਬਲੇ ਕੀਤੇ ਕਰਮਾਂ ਦੇ ਸੰਸਕਾਰ ਉੱਘੜਦੇ ਹਨ, ਗੁਰੂ ਦੀ ਕਿਰਪਾ ਨਾਲ ਉਸ ਦੇ ਮਨ ਵਿਚ ਪਰਮਾਤਮਾ ਵੱਸਦਾ ਹੈ (ਉਹੀ ਹਰੀ-ਸਿਮਰਨ ਵਿਚ ਜੁੜਦਾ ਹੈ)।

ਨਾਨਕ ਆਖਦਾ ਹੈ–ਜਿਸ ਮਨੁੱਖ ਨੇ ਗੁਰੂ-ਚਰਨਾਂ ਵਿਚ ਚਿੱਤ ਜੋੜ ਲਿਆ, (ਉਸ ਦਾ) ਇਹ ਸਰੀਰ ਸਫਲ ਹੋ ਜਾਂਦਾ ਹੈ (ਉਹ ਮਨੁੱਖ ਉਹ ਮਨੋਰਥ ਪੂਰਾ ਕਰ ਲੈਂਦਾ ਹੈ ਜਿਸ ਵਾਸਤੇ ਇਹ ਬਣਾਇਆ ਗਿਆ)। ੩੫।

ਭਾਵ : ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਦਾ ਪ੍ਰੇਰਿਆ ਹੋਇਆ ਮਨੁੱਖ ਮੁੜ ਮੁੜ ਉਹੋ ਜਿਹੇ ਕਰਮ ਹੀ ਕਰਦਾ ਰਹਿੰਦਾ ਹੈ। ਪਰਮਾਤਮਾ ਦਾ ਨਾਮ ਸਿਮਰਨ ਵਾਲੇ ਪਾਸੇ ਆਪਣੇ ਆਪ ਪਰਤ ਨਹੀਂ ਸਕਦਾ। ਫਿਰ ਆਤਮਕ ਆਨੰਦ ਕਿਥੋਂ ਮਿਲੇ ? ਚੰਗੇ ਭਾਗਾਂ ਨਾਲ ਜਦੋਂ ਮਨੁੱਖ ਗੁਰੂ ਦੀ ਸਰਨ ਪੈਂਦਾ ਹੈ ਤਦੋਂ ਇਸ ਦੀ ਜ਼ਿੰਦਗੀ ਕਾਮਯਾਬ ਹੁੰਦੀ ਹੈ।

ਏ ਨੇਤ੍ਰਹੁ ਮੇਰਿਹੋ, ਹਰਿ ਤੁਮ ਮਹਿ ਜੋਤਿ ਧਰੀ, ਹਰਿ ਬਿਨੁ ਅਵਰੁ ਨ ਦੇਖਹੁ ਕੋਈ ॥ ਹਰਿ ਬਿਨੁ ਅਵਰੁ ਨ ਦੇਖਹੁ ਕੋਈ, ਨਦਰੀ ਹਰਿ ਨਿਹਾ- ਲਿਆ ॥ ਏਹੁ ਵਿਸੁ ਸੰਸਾਰੁ ਤੁਮ ਦੇਖਦੇ, ਏਹੁ ਹਰਿ ਕਾ ਰੂਪੁ ਹੈ, ਹਰਿ ਰੂਪੁ

ਨਦਰੀ ਆਇਆ ॥ ਗੁਰ ਪਰਸਾਦੀ ਬੁਝਿਆ, ਜਾ ਵੇਖਾ ਹਰਿ ਇਕੁ ਹੈ, ਹਰਿ ਬਿਨੁ ਅਵਰੁ ਨ ਕੋਈ ॥ ਕਹੈ ਨਾਨਕੁ, ਏਹਿ ਨੇਤ੍ਰ ਅੰਧ ਸੇ, ਸਤਿਗੁਰਿ ਮਿਲਿਐ ਦਿਬ ਦ੍ਰਿਸਟਿ ਹੋਈ ॥੩੬॥ [ਪੰਨਾ ੯੨੨]

ਪਦ ਅਰਥ :–ਨੇਤ੍ਰ–ਅੱਖਾਂ। ਜੋਤਿ–ਰੋਸ਼ਨੀ। ਨਿਹਾਲਿਆ–ਨਿਹਾਲੋ, ਵੇਖੋ। ਨਦਰੀ–ਨਜ਼ਰ ਨਾਲ, ਅੱਖਾਂ ਨਾਲ। ਵਿਸੁ–ਵਿਸ਼੍ਵ, ਸਾਰਾ। ਨਦਰੀ ਆਇਆ–ਦਿੱਸਦਾ ਹੈ। ਅੰਧ–ਅੰਨ੍ਹੇ। ਸੇ–ਸਨ। ਦਿਬ–(ਦਿਵ੍ਯ) ਚਮਕੀਲੀ, ਰੌਸ਼ਨ। ਦ੍ਰਿਸਟਿ–ਨਜ਼ਰ।

ਅਰਥ :–ਹੇ ਮੇਰੀਓ ਅੱਖੀਓ ! ਪਰਮਾਤਮਾ ਨੇ ਤੁਹਾਡੇ ਅੰਦਰ (ਆਪਣੀ) ਜੋਤਿ ਟਿਕਾਈ ਹੈ (ਤਾਹੀਂਏਂ ਤੁਸੀ ਵੇਖਣ-ਜੋਗੀਆਂ ਹੋ) ਜਿੱਧਰ ਤੱਕੋ, ਪਰਮਾਤਮਾ ਦਾ ਹੀ ਦੀਦਾਰ ਕਰੋ, ਪਰਮਾਤਮਾ ਤੋਂ ਬਿਨਾ ਹੋਰ ਕੋਈ ਗ਼ੈਰ ਨ ਦਿੱਸੇ, ਨਿਗਾਹ ਨਾਲ ਹਰੀ ਨੂੰ ਹੀ ਵੇਖੋ।

(ਹੇ ਅੱਖੀਓ !) ਇਹ ਸਾਰਾ ਸੰਸਾਰ ਜੋ ਤੁਸੀ ਵੇਖ ਰਹੀਆਂ ਹੋ, ਇਹ ਪ੍ਰਭੂ ਦਾ ਹੀ ਰੂਪ ਹੈ, ਪ੍ਰਭੂ ਦਾ ਹੀ ਰੂਪ ਦਿੱਸ ਰਿਹਾ ਹੈ।

ਗੁਰੂ ਦੀ ਕਿਰਪਾ ਨਾਲ ਮੈਨੂੰ ਸਮਝ ਪਈ ਹੈ, ਹੁਣ ਮੈਂ ਜਦੋਂ (ਚੁਫੇਰੇ) ਵੇਖਦਾ ਹਾਂ, ਹਰ ਥਾਂ ਇਕ ਪਰਮਾਤਮਾ ਹੀ ਦਿੱਸਦਾ ਹੈ, ਉਸ ਤੋਂ ਬਿਨਾ ਹੋਰ ਕੁਝ ਨਹੀਂ।

ਨਾਨਕ ਆਖਦਾ ਹੈ–(ਗੁਰੂ ਨੂੰ ਮਿਲਣ ਤੋਂ ਪਹਿਲਾਂ) ਇਹ ਅੱਖੀਆਂ (ਅਸਲ ਵਿਚ) ਅੰਨ੍ਹੀਆਂ ਸਨ, ਜਦੋਂ ਗੁਰੂ ਮਿਲਿਆ, ਇਹਨਾਂ ਵਿਚ ਰੌਸ਼ਨੀ ਆਈ (ਇਹਨਾਂ ਨੂੰ ਹਰ ਥਾਂ ਪਰਮਾਤਮਾ ਦਿੱਸਣ ਲੱਗਾ। ਇਹੀ ਦੀਦਾਰ ਆਨੰਦ-ਮੂਲ ਹੈ)। ੨੯।

ਭਾਵ :–ਜਿਤਨਾ ਚਿਰ ਮਨੁੱਖ ਜਗਤ ਵਿਚ ਕਿਸੇ ਨੂੰ ਵੈਰ-ਭਾਵ ਨਾਲ ਵੇਖਦਾ ਹੈ ਕਿਸੇ ਨੂੰ ਮਿੱਤ੍ਰਤਾ ਦੇ ਭਾਵ ਨਾਲ, ਉਤਨਾ ਚਿਰ ਇਸ ਦੇ ਅੰਦਰ ਮੇਰ-ਤੇਰ ਹੈ। ਜਿਥੇ ਮੇਰ-ਤੇਰ ਹੈ, ਉਥੇ ਆਤਮਕ ਆਨੰਦ ਨਹੀਂ ਹੋ ਸਕਦਾ। ਗੁਰੂ ਨੂੰ ਮਿਲ ਕੇ ਮਨੁੱਖ ਦੀਆਂ ਅੱਖਾਂ ਖੁਲ੍ਹਦੀਆਂ ਹਨ, ਫਿਰ ਇਸ ਨੂੰ ਹਰ ਥਾਂ ਪਰਮਾਤਮਾ ਹੀ ਪਰਮਾਤਮਾ ਦਿੱਸਦਾ ਹੈ। ਇਹੀ ਦੀਦਾਰ ਹੈ ਆਨੰਦ ਦਾ ਮੂਲ।

ਏ ਸ੍ਰਵਣਹੁ ਮੇਰਿਹੋ, ਸਾਚੈ ਸੁਨਣੈ ਨੋ ਪਠਾਏ ॥ ਸਾਚੈ ਸੁਨਣੈ ਨੋ ਪਠਾਏ, ਸਰੀਰਿ ਲਾਏ, ਸੁਣਹੁ ਸਤਿ ਬਾਣੀ ॥ ਜਿਤੁ ਸੁਣੀ ਮਨੁ ਤਨੁ ਹਰਿਆ ਹੋਆ, ਰਸਨਾ ਰਸਿ ਸਮਾਣੀ ॥ ਸਚੁ ਅਲਖੁ ਵਿਡਾਣੀ, ਤਾ ਕੀ ਗਤਿ ਕਹੀ ਨ ਜਾਏ ॥ ਕਹੈ ਨਾਨਕੁ, ਅੰਮ੍ਰਿਤ -ਨਾਮੁ ਸੁਣਹੁ, ਪਵਿਤ੍ਰ ਹੋਵਹੁ, ਸਾਚੈ ਸੁਨਣੈ ਨੋ ਪਠਾਏ ॥ ੩੭॥ [ਪੰਨਾ ੯੨੨]

ਪਦ ਅਰਥ :–ਸ੍ਰਵਣ–ਕੰਨ। ਪਠਾਏ–ਭੇਜੇ। ਸਾਚੈ–ਸਦਾ-ਥਿਰ ਪ੍ਰਭੂ ਨੇ।

ਸਰੀਰਿ—ਸਰੀਰ ਵਿਚ। ਸਤਿ ਬਾਣੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ ਵਾਲੀ ਬਾਣੀ। ਜਿਤੁ—ਜਿਸ ਦੀ ਰਾਹੀਂ। ਜਿਤੁ ਸੁਣੀ—ਜਿਸ ਦੇ ਸੁਣਨ ਨਾਲ। ਰਸਿ—ਆਨੰਦ ਵਿਚ। ਹਰਿਆ—ਖਿੜਿਆ, ਆਨੰਦ-ਭਰਪੂਰ। ਰਸਨਾ—ਜੀਭ। ਵਿਡਾਣੀ—ਅਸਚਰਜ। ਗਤਿ—ਹਾਲਤ। ਅੰਮ੍ਰਿਤ—ਆਤਮਕ ਆਨੰਦ ਦੇਣ ਵਾਲਾ।

ਅਰਥ :—ਹੇ ਮੇਰੇ ਕੰਨੋ! ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਸੁਣਿਆ ਕਰੋ, ਸਦਾ-ਥਿਰ ਕਰਤਾਰ ਨੇ ਤੁਹਾਨੂੰ ਇਹੀ ਸੁਣਨ ਵਾਸਤੇ ਬਣਾਇਆ ਹੈ, ਇਸ ਸਰੀਰ ਵਿਚ ਥਾਪਿਆ ਹੈ। ਇਸ ਸਿਫ਼ਤਿ-ਸਾਲਾਹ ਦੀ ਬਾਣੀ ਦੇ ਸੁਣਨ ਨਾਲ ਤਨ ਮਨ ਆਨੰਦ-ਭਰਪੂਰ ਹੋ ਜਾਂਦਾ ਹੈ, ਜੀਭ ਆਨੰਦ ਵਿਚ ਮਸਤ ਹੋ ਜਾਂਦੀ ਹੈ। ਸਦਾ-ਥਿਰ ਪਰਮਾਤਮਾ ਤਾਂ ਅਸਚਰਜ-ਰੂਪ ਹੈ, ਉਸ ਦਾ ਕੋਈ ਚਿਹਨ-ਚੱਕ੍ਰ ਦੱਸਿਆ ਨਹੀਂ ਜਾ ਸਕਦਾ, ਇਹ ਨਹੀਂ ਕਿਹਾ ਜਾ ਸਕਦਾ ਕਿ ਉਹ ਕਿਹੋ ਜਿਹਾ ਹੈ (ਉਸ ਦੇ ਗੁਣ ਕਹਿਣ ਸੁਣਨ ਨਾਲ ਸਿਰਫ਼ ਇਹੀ ਲਾਭ ਹੁੰਦਾ ਹੈ ਕਿ ਮਨੁੱਖ ਨੂੰ ਆਤਮਕ ਆਨੰਦ ਪ੍ਰਾਪਤ ਹੁੰਦਾ ਹੈ, ਤਾਹੀਏਂ) ਨਾਨਕ ਆਖਦਾ ਹੈ—ਆਤਮਕ ਆਨੰਦ ਦੇਣ ਵਾਲਾ ਨਾਮ ਸੁਣਿਆ ਕਰੋ, ਤੁਸੀ ਪਵਿਤ੍ਰ ਹੋ ਜਾਵੋਗੇ, ਪਰਮਾਤਮਾ ਨੇ ਤੁਹਾਨੂੰ ਇਹੀ ਸੁਣਨ ਵਾਸਤੇ ਭੇਜਿਆ (ਬਣਾਇਆ) ਹੈ। ੩੭।

ਭਾਵ—ਜਿਸ ਮਨੁੱਖ ਦੇ ਕੰਨਾਂ ਨੂੰ ਅਜੇ ਨਿੰਦਾ-ਚੁਗ਼ਲੀ ਸੁਣਨ ਦਾ ਚਸਕਾ ਹੈ, ਉਸ ਦੇ ਹਿਰਦੇ ਵਿਚ ਆਤਮਕ ਆਨੰਦ ਪੈਦਾ ਨਹੀਂ ਹੋਇਆ। ਆਤਮਕ ਆਨੰਦ ਦੀ ਪ੍ਰਾਪਤੀ ਉਸੇ ਮਨੁੱਖ ਨੂੰ ਹੈ ਜਿਸ ਦੇ ਕੰਨ ਜਿਸ ਦੀ ਜੀਭ ਜਿਸ ਦੇ ਸਾਰੇ ਗਿਆਨ-ਇੰਦ੍ਰੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਮਗਨ ਰਹਿੰਦੇ ਹਨ। ਉਹੀ ਗਿਆਨ-ਇੰਦ੍ਰੇ ਪਵਿੱਤਰ ਹਨ।

ਹਰਿ, ਜੀਉ ਗੁਫਾ ਅੰਦਰਿ ਰਖਿ ਕੈ, ਵਾਜਾ ਪਵਣੁ ਵਜਾਇਆ ॥ ਵਜਾਇਆ ਵਾਜਾ ਪਉਣ, ਨਉ ਦੁਆਰੇ ਪਰਗਟੁ ਕੀਏ, ਦਸਵਾ ਗੁਪਤੁ ਰਖਾਇਆ ॥ ਗੁਰ ਦੁਆਰੈ ਲਾਇ ਭਾਵਨੀ, ਇਕਨਾ ਦਸਵਾ ਦੁਆਰੁ ਦਿਖਾਇਆ ॥ ਤਹ ਅਨੇਕ ਰੂਪ ਨਾਉ ਨਵ ਨਿਧਿ, ਤਿਸ ਦਾ ਅੰਤੁ ਨ ਜਾਈ ਪਾਇਆ ॥ ਕਹੈ ਨਾਨਕੁ, ਹਰਿ ਪਿਆਰੈ, ਜੀਉ ਗੁਫਾ ਅੰਦਰਿ ਰਖਿ ਕੈ, ਵਾਜਾ ਪਵਣੁ ਵਜਾਇਆ ॥ ੩੮ ॥ [੯੨੨]

ਪਦ ਅਰਥ :—ਜੀਉ—ਜਿੰਦ। ਗੁਫਾ—ਸਰੀਰ। ਪਵਣੁ ਵਾਜਾ ਵਜਾਇਆ—ਸੁਆਸ-ਰੂਪ ਵਾਜਾ ਵਜਾਇਆ, ਬੋਲਨ ਦੀ ਸ਼ਕਤੀ ਦਿੱਤੀ। ਨਉ ਦੁਆਰੇ—ਨੌਂ ਗੋਲਕਾਂ, ੧ ਮੂੰਹ, ੨ ਕੰਨ, ੨ ਅੱਖਾਂ, ੨ ਨਾਸਾਂ, ਗੁਦਾ, ਲਿੰਗ। ਦਸਵਾ ਦੁਆਰ—(ਭਾਵ,)

ਦਿਮਾਗ਼ (ਜਿਸ ਦੀ ਰਾਹੀਂ ਮਨੁੱਖ ਵਿਚਾਰ ਕਰ ਸਕਦਾ ਹੈ)। ਭਾਵਨੀ—ਸਰਧਾ, ਪ੍ਰੇਮ। ਤਹ—ਉਸ ਅਵਸਥਾ ਵਿਚ। ਅਨੇਕ ਰੂਪ ਨਾਉ—ਅਨੇਕਾਂ ਰੂਪਾਂ ਵਾਲੇ ਪ੍ਰਭੂ ਦਾ ਨਾਮ। ਨਿਧਿ—ਖ਼ਜ਼ਾਨਾ।

ਅਰਥ :—ਪਰਮਾਤਮਾ ਨੇ ਜਿੰਦ ਨੂੰ ਸਰੀਰ-ਗੁਫ਼ਾ ਵਿਚ ਟਿਕਾ ਕੇ ਜੀਵ ਨੂੰ ਬੋਲਣ ਦੀ ਸ਼ਕਤੀ ਦਿੱਤੀ। ਸਰੀਰ ਨੂੰ ਬੋਲਣ ਦੀ ਸ਼ਕਤੀ ਦਿੱਤੀ, ਨੱਕ ਕੰਨ ਆਦਿਕ ਨੌਂ ਕਰਮ-ਇੰਦ੍ਰੀਆਂ ਪਰਤੱਖ ਤੌਰ ਤੇ ਬਣਾਈਆਂ, ਦਸਵੇਂ ਦਰ (ਦਿਮਾਗ਼) ਨੂੰ ਲੁਕਵਾਂ ਰੱਖਿਆ।

ਪ੍ਰਭੂ ਨੇ ਜਿਨ੍ਹਾਂ ਨੂੰ ਗੁਰੂ ਦੇ ਦਰ ਤੇ ਅਪੜਾ ਕੇ ਆਪਣੇ ਨਾਮ ਦੀ ਸਰਧਾ ਬਖ਼ਸ਼ੀ, ਉਹਨਾਂ ਨੂੰ ਦਸਵਾਂ ਦਰ ਭੀ ਵਿਖਾ ਦਿੱਤਾ (ਉਹਨਾਂ ਨੂੰ ਸਿਮਰਨ ਦੀ ਵਿਚਾਰ-ਸੱਤਿਆ ਭੀ ਦੇ ਦਿੱਤੀ ਜੋ ਆਤਮਕ ਆਨੰਦ ਦਾ ਮੂਲ ਹੈ)। ਉਸ ਅਵਸਥਾ ਵਿਚ ਮਨੁੱਖ ਨੂੰ ਅਨੇਕਾਂ ਰੰਗਾਂ ਰੂਪਾਂ ਵਿਚ ਵਿਆਪਕ ਪ੍ਰਭੂ ਦਾ ਉਹ ਨਾਮ-ਰੂਪ ਨੌਂ ਖ਼ਜ਼ਾਨਿਆਂ ਦਾ ਭੰਡਾਰ ਭੀ ਪ੍ਰਾਪਤ ਹੋ ਜਾਂਦਾ ਹੈ ਜਿਸ ਦਾ ਅੰਤ ਨਹੀਂ ਪੈ ਸਕਦਾ (ਜੋ ਕਦੇ ਮੁੱਕਦਾ ਨਹੀਂ)।

ਨਾਨਕ ਆਖਦਾ ਹੈ—ਪਿਆਰੇ ਪ੍ਰਭੂ ਨੇ ਜਿੰਦ ਨੂੰ ਸਰੀਰ-ਗੁਫ਼ਾ ਵਿਚ ਟਿਕਾ ਕੇ ਜੀਵ ਨੂੰ ਬੋਲਣ ਦੀ ਸ਼ਕਤੀ ਭੀ ਦਿੱਤੀ। ੩੮।

ਭਾਵ—ਮਾਇਆ ਦੇ ਪ੍ਰਭਾਵ ਦੇ ਕਾਰਨ ਗਿਆਨ-ਇੰਦ੍ਰੇ ਮਨੁੱਖ ਨੂੰ ਮਾਇਕ ਪਦਾਰਥਾਂ ਵਲ ਹੀ ਭਜਾਈ ਫਿਰਦੇ ਹਨ। ਇਹ ਰਸਤਾ ਚੰਗਾ ਹੈ ਜਾਂ ਮੰਦਾ—ਇਹ ਵਿਚਾਰ ਕਰਨ ਵਾਲੀ ਸੱਤਿਆ ਦੱਬੀ ਹੀ ਰਹਿੰਦੀ ਹੈ। ਜਿਸ ਮਨੁੱਖ ਨੂੰ ਪਰਮਾਤਮਾ ਗੁਰੂ ਦੇ ਦਰ ਤੇ ਅਪੜਾਂਦਾ ਹੈ, ਉਸ ਦੀ ਵਿਚਾਰ-ਸੱਤਿਆ ਜਾਗ ਪੈਂਦੀ ਹੈ। ਉਹ ਮਨੁੱਖ ਪ੍ਰਭੂ ਦੇ ਨਾਮ ਵਿਚ ਜੁੜਦਾ ਹੈ ਤੇ ਆਤਮਕ ਆਨੰਦ ਮਾਣਦਾ ਹੈ।

ਏਹੁ ਸਾਚਾ ਸੋਹਿਲਾ, ਸਾਚੈ ਘਰਿ ਗਾਵਹੁ ॥ ਗਾਵਹੁ ਤ ਸੋਹਿਲਾ ਘਰਿ ਸਾਚੈ, ਜਿਥੈ ਸਦਾ ਸਚੁ ਧਿਆਵਹੇ ॥ ਸਚੋ ਧਿਆਵਹਿ, ਜਾ ਤੁਧੁ ਭਾਵਹਿ, ਗੁਰਮੁਖਿ ਜਿਨਾ ਬੁਝਾਵਹੇ ॥ ਇਹੁ ਸਚੁ ਸਭਨਾ ਕਾ ਖਸਮੁ ਹੈ, ਜਿਸ ਬਖਸੇ ਸੋ ਜਨੁ ਪਾਵਹੇ ॥ ਕਹੈ ਨਾਨਕੁ, ਸਚੁ ਸੋਹਿਲਾ ਸਚੈ ਘਰਿ ਗਾਵਹੇ॥ ੩੯ ॥ [੯੨੨]

ਪਦ ਅਰਥ :—ਸੋਹਿਲਾ—ਖ਼ੁਸ਼ੀ ਦਾ ਗੀਤ, ਆਤਮਕ ਆਨੰਦ ਪੈਦਾ ਕਰਨ ਵਾਲਾ ਗੀਤ, ਪ੍ਰਭੂ ਦੀ ਸਿਫ਼ਤਿ ਸਾਲਾਹ ਦੀ ਬਾਣੀ। ਸਾਚੈ ਘਰਿ—ਸਦਾ ਥਿਰ ਰਹਿਣ ਵਾਲੇ ਘਰ ਵਿਚ, ਸਾਧ ਸੰਗਤਿ ਵਿਚ। ਸਚੁ—ਸਦਾ-ਥਿਰ ਪ੍ਰਭੂ। ਗਾਵਹੇ—ਗਾਵਹਿ, (ਸਤ ਸੰਗੀ) ਗਾਂਦੇ ਹਨ। ਭਾਵਹਿ—ਜੇ ਤੈਨੂੰ ਚੰਗੇ ਲੱਗਣ, ਹੇ ਪ੍ਰਭੂ! ਬੁਝਾਵਹੇ—

ਤੂੰ ਸੂਝ ਬਖ਼ਸ਼ੇਂ। ਗੁਰਮੁਖਿ–ਗੁਰੂ ਦੀ ਰਾਹੀਂ। ਪਾਵਹੇ–ਪ੍ਰਾਪਤ ਕਰਦੇ ਹਨ, ਪਾਵਹਿ। ਗਾਵਹੇ–ਗਾਵਹਿ, ਗਾਂਦੇ ਹਨ।

ਅਰਥ :–(ਹੇ ਭਾਈ !) ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਇਹ ਬਾਨੀ ਸਾਧ ਸੰਗਤਿ ਵਿਚ (ਬੈਠ ਕੇ) ਗਾਵਿਆ ਕਰੋ। ਉਸ ਸਤ ਸੰਗ ਵਿਚ ਆਤਮਕ ਅਨੰਦ ਦੇਣ ਵਾਲੀ ਬਾਨੀ ਗਾਵਿਆ ਕਰੋ, ਜਿਥੇ (ਗੁਰਮੁਖਿ ਜਨ) ਸਦਾ ਥਿਰ ਰਹਿਣ ਵਾਲੇ ਪ੍ਰਭੂ ਨੂੰ ਸਦਾ ਗਾਂਦੇ ਹਨ।

ਹੇ ਪ੍ਰਭੂ ! ਤੈਨੂੰ ਸਦਾ-ਥਿਰ ਨੂੰ ਤਦੋਂ ਹੀ ਜੀਵ ਸਿਮਰਦੇ ਹਨ ਜਦੋਂ ਤੈਨੂੰ ਚੰਗੇ ਲੱਗਣ, ਜਿਨ੍ਹਾਂ ਨੂੰ ਤੂੰ ਗੁਰੂ ਦੀ ਰਾਹੀਂ ਇਹ ਸੂਝ ਬਖ਼ਸ਼ੇਂ।

(ਹੇ ਭਾਈ !) ਸਦਾ-ਥਿਰ ਪ੍ਰਭੂ ਸਭ ਜੀਵਾਂ ਦਾ ਮਾਲਕ ਹੈ, ਜਿਸ ਜਿਸ ਉਤੇ ਉਹ ਮੇਹਰ ਕਰਦਾ ਹੈ ਉਹ ਉਹ ਜੀਵ ਤੈਨੂੰ ਪ੍ਰਾਪਤ ਕਰ ਲੈਂਦੇ ਹਨ। ਤੇ, ਨਾਨਕ ਆਖਦਾ ਹੈ, ਉਹ ਸਤ ਸੰਗਤਿ ਵਿਚ (ਬੈਠ ਕੇ) ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ ਬਾਨੀ ਗਾਂਦੇ ਹਨ। ੩੯।

ਭਾਵ:–ਜਿਨ੍ਹਾਂ ਮਨੁੱਖਾਂ ਉਤੇ ਪਰਮਾਤਮਾ ਦੀ ਮਿਹਰ ਹੁੰਦੀ ਹੈ, ਉਹ ਗੁਰੂ ਦੇ ਦੱਸੇ ਰਸਤੇ ਉਤੇ ਤੁਰ ਕੇ ਸਾਧ ਸੰਗਤਿ ਵਿਚ ਟਿਕ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਨੀ ਗਾਂਦੇ ਹਨ ਤੇ ਆਤਮਕ ਆਨੰਦ ਮਾਣਦੇ ਹਨ।

ਅਨਦੁ, ਸੁਣਹੁ ਵਡਭਾਗੀਹੋ,ਸਗਲ ਮਨੋਰਥ ਪੂਰੇ॥ ਪਾਰਬ੍ਰਹਮੁ ਪ੍ਰਭੁ ਪਾਇਆ ਉਤਰੇ ਸਗਲ ਵਿਸੂਰੇ॥ ਦੂਖ ਰੋਗ ਸੰਤਾਪ ਉਤਰੇ ਸੁਣੀ ਸਚੀ ਬਾਣੀ॥ ਸੰਤ ਸਾਜਨ ਭਏ ਸਰਸੇ ਪੂਰੇ ਗੁਰ ਤੇ ਜਾਣੀ॥ ਸੁਣਤੇ ਪੁਨੀਤ ਕਹਤੇ ਪਵਿਤੁ ਸਤਿਗੁਰੁ ਰਹਿਆ ਭਰਪੂਰੇ॥ ਬਿਨਵੰਤਿ ਨਾਨਕੁ ਗੁਰ ਚਰਣ ਲਾਗੇ ਵਾਜੇ ਅਨਹਦ ਤੂਰੇ॥੪੦॥੧॥ [ਪੰਨਾ ੯੨੨]

ਪਦ ਅਰਥ :–ਵਿਸੂਰੇ–ਚਿੰਤਾ-ਝੋਰੇ। ਸੰਤਾਪ–ਕਲੇਸ਼। ਸਚੀ ਬਾਨੀ–ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਬਾਨੀ। ਸਰਸੇ–ਸ-ਰਸ, ਰਹੇ, ਆਨੰਦ-ਭਰਪੂਰ। ਗੁਰ ਤੇ –ਗੁਰੂ ਤੋਂ। ਸਤਿਗੁਰੁ ਰਹਿਆ ਭਰਪੂਰੇ–ਗੁਰੂ (ਆਪਣੀ ਬਾਨੀ ਵਿਚ) ਭਰਪੂਰ ਹੈ, ਬਾਨੀ ਗੁਰੂ-ਰੂਪ ਹੈ। ਅਨਹਦ–ਇਕ-ਰਸ। ਤੂਰੇ–ਵਾਜੇ। ਮਨੋਰਥ–ਮਨ ਦੀਆਂ ਦੌੜਾਂ।

ਅਰਥ :–ਹੇ ਵੱਡੇ ਭਾਗਾਂ ਵਾਲਿਓ ! ਸੁਣੋ, ਆਨੰਦ ਇਹ ਹੈ ਕਿ (ਉਸ ਅਵਸਥਾ ਵਿਚ) ਮਨ ਦੀਆਂ ਸਾਰੀਆਂ ਦੌੜਾਂ ਮੁੱਕ ਜਾਂਦੀਆਂ ਹਨ (ਸਾਰੇ ਸੰਕਲਪ ਸਿਰੇ ਚੜ੍ਹ ਜਾਂਦੇ ਹਨ), ਪਰਮ ਆਤਮਾ ਪ੍ਰਭੂ ਮਿਲ ਪੈਂਦਾ ਹੈ, ਸਾਰੇ ਚਿੰਤਾ-ਝੋਰੇ ਮਨ ਤੋਂ ਲਹਿ ਜਾਂਦੇ ਹਨ। ਅਕਾਲ ਪੁਰਖ ਦੀ ਸਿਫ਼ਤਿ-ਸਾਲਾਹ ਦੀ ਬਾਨੀ ਸੁਣਿਆਂ ਸਾਰੇ ਦੁੱਖ ਰੋਗ ਕਲੇਸ਼ ਮਿਟ ਜਾਂਦੇ ਹਨ। ਜੇਹੜੇ ਸੰਤ ਗੁਰਮੁਖਿ ਪੂਰੇ ਗੁਰੂ ਤੋਂ ਸਿਫ਼ਤਿ-ਸਾਲਾਹ ਦੀ ਬਾਨੀ ਨਾਲ

ਸਾਂਝ ਪਾਨੀ ਸਿੱਖ ਲੈਂਦੇ ਹਨ ਉਹਨਾਂ ਦੇ ਹਿਰਦੇ ਖਿੜ ਆਉਂਦੇ ਹਨ। ਇਸ ਬਾਣੀ ਨੂੰ ਸੁਣਨ ਵਾਲੇ ਉਚਾਰਨ ਵਾਲੇ ਸਭ ਪਵਿਤ੍ਰ-ਆਤਮਕ ਹੋ ਜਾਂਦੇ ਹਨ, ਇਸ ਬਾਣੀ ਵਿਚ ਉਹਨਾਂ ਨੂੰ ਸਤਿਗੁਰੂ ਹੀ ਦਿੱਸਦਾ ਹੈ।

ਨਾਨਕ ਬੇਨਤੀ ਕਰਦਾ ਹੈ—ਜੇਹੜੇ ਬੰਦੇ ਗੁਰੂ ਦੀ ਚਰਨੀਂ ਲੱਗਦੇ ਹਨ, ਉਹਨਾਂ ਦੇ ਅੰਦਰ ਇਕ-ਰਸ (ਖ਼ੁਸ਼ੀ ਦੇ) ਵਾਜੇ ਵੱਜ ਪੈਂਦੇ ਹਨ (ਉਹਨਾਂ ਦੇ ਅੰਦਰ ਆਤਮਕ ਆਨੰਦ ਪੈਦਾ ਹੋ ਜਾਂਦਾ ਹੈ)। ੪੦।

ਭਾਵ: ਆਤਮਕ ਆਨੰਦ ਦੇ ਲੱਛਣ:—ਜਿਸ ਮਨੁੱਖ ਦੇ ਅੰਦਰ ਆਤਮਕ ਆਨੰਦ ਪੈਦਾ ਹੁੰਦਾ ਹੈ, ਉਸ ਦੀ ਭਟਕਣਾ ਦੂਰ ਹੋ ਜਾਂਦੀ ਹੈ, ਉਸ ਦੇ ਸਾਰੇ ਚਿੰਤਾ-ਝੋਰੇ ਮਿਟ ਜਾਂਦੇ ਹਨ, ਕੋਈ ਦੁੱਖ ਰੋਗ ਕੋਈ ਕਲੇਸ਼ ਉਸ ਉਤੇ ਜ਼ੋਰ ਨਹੀਂ ਪਾ ਸਕਦਾ।

ਆਨੰਦ ਦੀ ਇਹ ਅਵਸਥਾ ਸਤਿਗੁਰੂ ਦੀ ਬਾਣੀ ਤੋਂ ਪ੍ਰਾਪਤ ਹੁੰਦੀ ਹੈ। ਇਸ ਬਾਣੀ ਨੂੰ ਗਾਣ ਵਾਲਿਆਂ ਸੁਣਨ ਵਾਲਿਆਂ ਦੇ ਜੀਵਨ ਉੱਚੇ ਹੋ ਜਾਂਦੇ ਹਨ। ਇਸ ਬਾਣੀ ਵਿਚ ਉਹਨਾਂ ਨੂੰ ਸਤਿਗੁਰੂ ਹੀ ਪਰਤੱਖ ਦਿੱਸਦਾ ਹੈ।

—o—

ੴ ਸਤਿਗੁਰ ਪ੍ਰਸਾਦਿ ॥

ਰਾਮਕਲੀ ਸਦੁ ॥

ਇਸ ਬਾਣੀ ਦਾ ਪਹਿਲਾ ਟੀਕਾ—

ਸੰਨ ੧੯੩੫ ਵਿਚ ਸਿੱਖ ਐਜੂਕੇਸ਼ਨਲ ਕਾਨਫ੍ਰੰਸ ਦਾ ਸਮਾਗਮ ਗੁਜਰਾਂਵਾਲੇ ਹੋਇਆ। ਉਥੇ ਕਾਨਫ੍ਰੰਸ ਦੇ ਪੰਡਾਲ ਵਿਚ ਮੈਨੂੰ ਗੁਰਬਾਣੀ-ਵਿਆਕਰਨ ਬਾਰੇ ਆਪਣੇ ਖ਼ਿਆਲ ਪਰਗਟ ਕਰਨ ਦਾ ਮੌਕਾ ਮਿਲਿਆ। ਅਖ਼ਬਾਰਾਂ ਦੇ ਪ੍ਰਤੀਨਿਧ ਭੀ ਮੌਜੂਦ ਸਨ। ਮੈਂ ਵਿਆਕਰਨ ਦੀ ਵਿਆਖਿਆ ਸਮੇ 'ਸੱਦ' ਦੀ ਪੰਜਵੀਂ ਪਉੜੀ ਦਾ ਹਵਾਲਾ ਭੀ ਦਿੱਤਾ। ਮਾਸਕ-ਪੱਤ੍ਰ 'ਅੰਮ੍ਰਿਤ' ਦੇ ਐਡੀਟਰ ਸ: ਗੰਗਾ ਸਿੰਘ ਜੀ ਨੇ ਮੈਨੂੰ ਸਮਾਗਮ ਤੋਂ ਪਿੱਛੋਂ ਕਿਹਾ ਕਿ ਮੈਂ ਉਸ ਸਾਰੀ ਬਾਣੀ ਦੀ ਵਿਆਖਿਆ ਵਿਆਕਰਨ ਅਨੁਸਾਰ ਲਿਖ ਕੇ ਕਿਤਾਬ ਦੀ ਸ਼ਕਲ ਵਿਚ ਪੇਸ਼ ਕਰਾਂ। 'ਅੰਮ੍ਰਿਤ' ਦਾ ਆਪਣਾ ਪ੍ਰੈੱਸ ਸੀ। ਉਹਨਾਂ ਮੇਰਾ ਉਹ ਟ੍ਰੈਕਟ 'ਰੱਬੀ ਸੱਦਾ' ਛਾਪ ਦਿੱਤਾ।

ਉਹ ਟ੍ਰੈਕਟ 'ਰੱਬੀ ਸੱਦਾ' ਕਈ ਸਾਲਾਂ ਤੋਂ ਖ਼ਤਮ ਹੋ ਚੁਕਾ ਸੀ। ਪਰ ਹੋਰ ਹੋਰ ਟੀਕਿਆਂ, ਲੇਖਾਂ ਅਤੇ ਪੁਸਤਕਾਂ ਦੇ ਰੁਝੇਵੇਂ ਆਦਿ ਦੇ ਕਾਰਨ ਮੈਂ ਉਸ ਨੂੰ ਦੂਜੀ ਵਾਰੀ ਛੇਤੀ ਛਪਵਾ ਨਾਹ ਸਕਿਆ।

ਦੂਜੀ ਵਾਰੀ ਇਹ ਟੀਕਾ 'ਸੱਦ ਸਟੀਕ' ਨਾਮ ਹੇਠ ਦਸੰਬਰ ੧੯੫੩ ਵਿਚ ਛਾਪਿਆ। ਇਸ ਦੀ ਅੰਦਰੀ ਸ਼ਕਲ ਬਹੁਤ ਕੁਝ ਬਦਲਾ ਕੇ ਇਸ ਨੂੰ ਮੌਜੂਦਾ ਰੂਪ ਦੇ ਦਿੱਤਾ ਗਿਆ। ਹਾਂ, ਮੂਲ ਦੇ ਟੀਕੇ ਵਿਚ ਕੋਈ ਭੀ ਫ਼ਰਕ ਪਾਣ ਦੀ ਲੋੜ ਨਹੀਂ ਸੀ ਪਈ। ਤਦੋਂ ਮੈਂ ਖਾਲਸਾ ਕਾਲਜ ਅੰਮ੍ਰਿਤਸਰ ਤੋਂ ਰੀਟਾਇਰ ਹੋ ਚੁਕਾ ਹੋਇਆ ਸਾਂ, ਤੇ, ਮੈਨੂੰ ਸ਼ਹੀਦ ਸਿੱਖ ਮਿਸ਼ਨਰੀ ਕਾਲਜ ਅੰਮ੍ਰਿਤਸਰ ਵਿਚ ਰਿਹਾਇਸ਼ ਜੋਗੀ ਥਾਂ ਮਿਲੀ ਹੋਈ ਸੀ।

ਸਾਹਿਬ ਸਿੰਘ

ੴ ਸਤਿਗੁਰ ਪ੍ਰਸਾਦਿ ॥

ਰਾਮਕਲੀ ਸਦੁ

ਹਿੰਦੂ-ਮਤ ਅਨੁਸਾਰ ਅੰਤਮ ਸੰਸਕਾਰ

ਜਦੋਂ ਕਿਸੇ ਹਿੰਦੂ-ਘਰ ਵਿਚ ਕੋਈ ਪ੍ਰਾਣੀ ਮਰਨ ਲੱਗਦਾ ਹੈ, ਤਾਂ ਉਸ ਦੇ ਪੁੱਤਰ ਇਸਤ੍ਰੀ ਆਦਿਕ ਵਾਰਸ ਸ਼ਾਸਤ੍ਰਾਂ ਦੀ ਦੱਸੀ ਮਰਯਾਦਾ ਅਨੁਸਾਰ ਉਸ ਨੂੰ ਮੰਜੇ ਤੋਂ ਹੇਠਾਂ ਲਾਹ ਲੈਂਦੇ ਹਨ। ਭੁੰਞੇ ਦੱਭ ਵਿਛਾ ਕੇ ਉਸ ਉਤੇ ਕੱਪੜਾ ਆਦਿਕ ਵਿਛਾ ਦੇਣ ਦੀ ਮਰਯਾਦਾ ਹੈ। ਉਸ ਦੇ ਹੱਥ ਦੀ ਤਲੀ ਉੱਤੇ ਆਟੇ ਦਾ ਦੀਵਾ ਰੱਖ ਕੇ ਜਗਾ ਦੇਂਦੇ ਹਨ, ਤੇ ਦੀਵੇ ਵਿਚ ਬ੍ਰਾਹਮਣ ਦੀ ਭੇਟਾ ਲਈ ਸਮਰਥਾ ਅਨੁਸਾਰ ਅਠਿਆਨੀ ਰੁਪਇਆ ਆਦਿਕ ਚਾਂਦੀ ਸੋਨੇ ਦਾ ਸਿੱਕਾ ਪਾ ਦੇਂਦੇ ਹਨ। ਇਸ ਮਰਯਾਦਾ ਦਾ ਭਾਵ ਉਹ ਇਹ ਸਮਝਦੇ ਹਨ ਕਿ ਮਰਨ ਵਾਲੇ ਪ੍ਰਾਣੀ ਦੀ ਆਤਮਾ ਨੇ ਅਗਾਂਹ ਬੜੇ ਹਨੇਰੇ ਪੈਂਡਿਆਂ ਵਿਚੋਂ ਦੀ ਲੰਘਣਾ ਹੈ, ਜਿਥੇ ਰਾਹ-ਖਹਿੜਾ ਵੇਖਣ ਲਈ ਉਸ ਨੂੰ ਚਾਨਣ ਦੀ ਲੋੜ ਪੈਂਦੀ ਹੈ। ਮਰਨ ਵੇਲੇ ਉਸ ਦੀ ਤਲੀ ਉੱਤੇ ਰੱਖਿਆ ਹੋਇਆ ਦੀਵਾ ਉਸ ਨੂੰ ਪਰਲੋਕ ਦੇ ਪੈਂਡਿਆਂ ਵਿਚ ਚਾਨਣ ਦੇਂਦਾ ਹੈ।

ਜਦੋਂ ਆਦਮੀ ਮਰ ਜਾਂਦਾ ਹੈ, ਤਾਂ ਉਸ ਦੇ ਸਰੀਰ ਦਾ ਸਸਕਾਰ ਕਰਨ ਤੋਂ ਪਹਿਲਾਂ ਜਵਾਂ ਦੇ ਆਟੇ ਦੇ ਪੇੜੇ ਪੱਤਲਾਂ ਉਤੇ ਰੱਖ ਕੇ ਮਣਸੇ ਜਾਂਦੇ ਹਨ। ਬ੍ਰਾਹਮਣ ਪੁਰਾਣ ਆਦਿਕ ਦੇ ਮੰਤ੍ਰ ਪੜ੍ਹਦਾ ਹੈ। ਸੂਰਜ ਵਲ ਮੂੰਹ ਕਰ ਕੇ ਪਾਣੀ ਦੀਆਂ ਚੁਲੀਆਂ ਭੀ ਭੇਟਾ ਕੀਤੀਆਂ ਜਾਂਦੀਆਂ ਹਨ। ਇਹ ਉਸ ਵਿਛੜੀ ਰੂਹ ਲਈ ਖ਼ੁਰਾਕ ਭੇਜੀ ਜਾਂਦੀ ਹੈ।

ਘਰੋਂ ਤੁਰ ਕੇ ਮਸਾਣਾਂ ਤੋਂ ਉਰੇ ਅੱਧਵਾਟੇ (ਅੱਧਮਾਰਗੇ) ਮਿਰਤਕ ਦਾ ਫੱਟਾ ਭੁੰਞੇ ਟੱਖ ਦਿੱਤਾ ਜਾਂਦਾ ਹੈ। ਘਰੋਂ ਤੁਰਨ ਲੱਗਿਆਂ ਮਿੱਟੀ ਦਾ ਇਕ ਕੋਰਾ ਭਾਂਡਾ ਨਾਲ ਲੈ ਲੈਂਦੇ ਹਨ। ਉਸ ਅੱਧਮਾਰਗ ਤੇ ਉਹ ਭਾਂਡਾ ਭੰਨ ਦੇਂਦੇ ਹਨ, ਅਤੇ ਮਰੇ ਪ੍ਰਾਣੀ ਦਾ ਪੁੱਤਰ ਆਦਿਕ ਬਹੁਤ ਉੱਚੀ ਡਰਾਉਣੀ ਆਵਾਜ਼ ਵਿਚ ਢਾਹ ਮਾਰਦਾ ਹੈ। ਇਸ ਰਸਮ ਦੇ ਹੇਠ ਖ਼ਿਆਲ ਇਹ ਹੈ ਕਿ ਮਿਰਤਕ ਦੀ ਆਤਮਾ ਸਰੀਰਕ ਮੋਹ ਕਰਕੇ ਅਜੇ ਉਸ ਮੁਰਦੇ ਦੇ ਦੁਆਲੇ ਹੀ ਭੌਂਦੀ ਫਿਰਦੀ ਹੈ। ਇਸ ਭਿਆਨਕ ਢਾਹ ਨਾਲ ਉਸ ਨੂੰ ਡਰਾਂਦੇ ਹਨ ਕਿ ਚਲੀ ਜਾਏ।

ਸਸਕਾਰ ਕਰਨ ਵੇਲੇ ਬ੍ਰਾਹਮਣ ਫਿਰ ਕੁਝ ਮੰਤ੍ਰ ਪੜ੍ਹਦਾ ਹੈ। ਸਸਕਾਰ ਤੋਂ ਪਿੱਛੋਂ ਬਚ ਰਹੀਆਂ ਹੱਡੀਆਂ (ਅਸਥੀਆਂ) ਹਰਿਦੁਆਰ ਗੰਗਾ ਨਦੀ ਵਿਚ ਪਾਈਆਂ ਜਾਂਦੀਆਂ ਹਨ। ਹਿੰਦੂ-ਖ਼ਿਆਲ ਅਨੁਸਾਰ ਜਿਸ ਦੀਆਂ ਅਸਥੀਆਂ ਗੰਗਾ ਵਿਚ ਨਾਹ ਪੈਣ ਉਸ

ਦੀ ਗਤੀ ਨਹੀਂ ਹੁੰਦੀ।

ਮਰਨ ਪਿਛੋਂ ੧੩ ਦਿਨਾਂ ਤਕ ਹਰੇਕ ਪ੍ਰਾਣੀ ਦੀ ਆਤਮਾ ਪ੍ਰੇਤ ਬਣੀ ਰਹਿੰਦੀ ਹੈ, ਅਤੇ ਆਪਣੇ ਛੱਡੇ ਘਰਾਂ ਦੇ ਦੁਆਲੇ ਹੀ ਭੌਂਦੀ ਫਿਰਦੀ ਹੈ। ਜਿਨ੍ਹਾਂ ਦਾ ਕੋਈ ਮਰਦਾ ਹੈ, ਉਹਨਾਂ ਦੇ ਘਰ ਸ਼ਰੀਕੇ ਬਿਰਾਦਰੀ ਦੇ ਘਰਾਂ ਵਿਚੋਂ ਜ਼ਨਾਨੀਆਂ ਮਰਦ ਰਾਤ ਨੂੰ ਆ ਕੇ ਸੌਂਦੇ ਹਨ। ਸਵੇਰੇ ਪਹਿਰ ਰਾਤ ਰਹਿੰਦੀ ਹੀ ਮਰੇ ਪ੍ਰਾਣੀ ਦਾ ਪੁੱਤਰ ਆਦਿਕ ਉੱਠ ਕੇ ਢਾਹ ਮਾਰਦਾ ਹੈ। ੧੩ ਦਿਨ ਹਰ ਸਵੇਰੇ ਇਹੀ ਕੁਝ ਹੁੰਦਾ ਹੈ। ਇਹ ਭੀ ਮਿਰਤਕ ਦੀ ਆਤਮਾ ਨੂੰ ਡਰਾਣ ਵਾਸਤੇ ਕੀਤਾ ਜਾਂਦਾ ਹੈ। [ਨੋਟ ! ਜਿਉਂ ਜਿਉਂ ਲੋਕ ਵਿੱਦਿਆ ਦੇ ਚਾਨਣ ਵਿਚ ਸਿਆਣੇ ਹੁੰਦੇ ਜਾ ਰਹੇ ਹਨ, ਇਹ ਢਾਹਾਂ ਮਾਰਨ ਵਾਲੀ ਰਸਮ ਹਟਦੀ ਜਾ ਰਹੀ ਹੈ]।

ਤੇਰ੍ਹਵੇਂ ਦਿਨ ਮਿਰਤਕ ਦੀ ਕਿਰਿਆ ਕੀਤੀ ਜਾਂਦੀ ਹੈ। ਅਚਾਰਜ ਆ ਕੇ ਇਹ ਰਸਮ ਕਰਾਂਦਾ ਹੈ। ਇਹ ਮਰਯਾਦਾ ਵਿਛੁੜੀ ਆਤਮਾ ਨੂੰ ਪ੍ਰੇਤ ਜੂਨ ਵਿਚੋਂ ਕੱਢ ਕੇ ਪਿਤਰ ਲੋਕ ਤਕ ਅਪੜਾਣ ਵਾਸਤੇ ਕੀਤੀ ਜਾਂਦੀ ਹੈ। ਸ਼ਾਸਤ੍ਰ ਅਨੁਸਾਰ ਖ਼ਿਆਲ ਇਹ ਬਣਿਆ ਹੋਇਆ ਹੈ ਕਿ ਪਿਤਰ ਲੋਕ ਅੱਪੜਨ ਲਈ ੩੬੦ ਦਿਨ ਲੱਗਦੇ ਹਨ। ਪੈਂਡਾ ਹੈ ਅਣਡਿੱਠਾ ਤੇ ਹਨੇਰਾ। ਇਸ ਵਾਸਤੇ ਕਿਰਿਆ ਕਰਨ ਵੇਲੇ ੩੬੦ ਦੀਵੇ ਵੱਟੀਆਂ ਤੇ ਲੋੜੀਂਦਾ ਤੇਲ ਲਿਆ ਕੇ ਰੱਖ ਦੇਂਦੇ ਹਨ। ਜਦੋਂ ਵੇਦ-ਮੰਤ੍ਰ ਆਦਿਕ ਪੜ੍ਹਨ ਦੀ ਸਾਰੀ ਰਸਮ ਹੋ ਚੁਕਦੀ ਹੈ, ਤਾਂ ਉਹ ਵੱਟੀਆਂ ਇਕੱਠੀਆਂ ਹੀ ਤੇਲ ਵਿਚ ਭਿਉਂ ਕੇ ਬਾਲ ਦਿੱਤੀਆਂ ਜਾਂਦੀਆਂ ਹਨ, ਅਤੇ ਇਸ ਤਰ੍ਹਾਂ ਮਰੇ ਪ੍ਰਾਣੀ ਨੂੰ ਪਿਤਰ ਲੋਕ ਦੇ ਲੰਮੇ ਪੈਂਡੇ ਵਿਚ ੩੬੦ ਦਿਨ ਚਾਨਣ ਮਿਲਦਾ ਰਹਿੰਦਾ ਹੈ। ਇਹਨਾਂ ਇਕੱਠੇ ਬਾਲੇ ਦੀਵਿਆਂ ਤੋਂ ਇਲਾਵਾ ਭੀ ਛਨਿੱਛਰ ਦੇਵਤੇ ਦੇ ਮੰਦਰ ਵਿਚ ਸਾਲ ਭਰ ਹਰ ਰੋਜ਼ ਦੀਵਾ ਜਗਾਣ ਲਈ ਤੇਲ ਭੇਜਿਆ ਜਾਂਦਾ ਹੈ। ਕਿਰਿਆ ਵਾਲੇ ਦਿਨ ਭੀ ਵਿਛੁੜੀ ਰੂਹ ਦੀ ਖ਼ੁਰਾਕ ਵਾਸਤੇ ਪਿੰਡ ਭਰਾਏ ਜਾਂਦੇ ਹਨ। ਕਿਰਿਆ ਵਾਲੇ ਦਿਨ ਤੋਂ ਲੈ ਕੇ ਇੱਕ ਸਾਲ ਹਰ ਰੋਜ਼ ਬ੍ਰਾਹਮਣ ਨੂੰ ਭੋਜਨ ਖੁਆਇਆ ਜਾਂਦਾ ਹੈ।

ਨੋਟ ! ਸਸਕਾਰ ਕਰਨ ਤੋਂ ਪਿਛੋਂ ਕਿਰਿਆ ਵਾਲੇ ਦਿਨ ਤਕ ਗਰੁੜ ਪੁਰਾਣ ਦੀ ਕਥਾ ਭੀ ਕਰਾਈ ਜਾਂਦੀ ਹੈ। ਆਮ ਤੌਰ ਤੇ ਤਾਂ ਬ੍ਰਾਹਮਣ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਆਪਣੇ ਘਰ ਬੈਠੇ ਹੀ ਗਰੁੜ ਦਾ ਪਾਠ ਕਰੀ ਜਾਣ।

ਵਰ੍ਹੇ ਪਿੱਛੋਂ ਮਰਨ ਦੀ ਥਿੱਤ ਉਤੇ ਹੀ ਵਰ੍ਹੀਣਾ ਕੀਤਾ ਜਾਂਦਾ ਹੈ। ਖ਼ੁਰਾਕ ਦੇ ਇਲਾਵਾ ਵਿਛੁੜੇ ਪ੍ਰਾਣੀ ਵਾਸਤੇ ਭਾਂਡੇ ਬਸਤ੍ਰ ਆਦਿਕ ਭੇਜੇ ਜਾਂਦੇ ਹਨ। ਸਾਰਾ ਸਾਮਾਨ ਅਚਾਰਜ ਨੂੰ ਦਾਨ ਕੀਤਾ ਜਾਂਦਾ ਹੈ। ਇਸ ਤੋਂ ਪਿਛੋਂ ਹਰ ਸਾਲ ਸਰਾਧਾਂ ਦੇ ਦਿਨਾਂ ਵਿਚ ਉਸ ਥਿੱਤ ਤੇ ਬ੍ਰਾਹਮਣਾਂ ਨੂੰ ਭੋਜਨ ਖੁਆਇਆ ਜਾਂਦਾ ਹੈ। ਇਹ ਭੀ ਵਿਛੁੜੇ

ਸੰਬੰਧੀ ਨੂੰ ਅਪੜਾਣ ਲਈ ਹੀ ਹੁੰਦਾ ਹੈ ।

ਜੇ ਕੋਈ ਪ੍ਰਾਣੀ ਬਹੁਤ ਉਮਰ ਦਾ ਹੋ ਕੇ ਮਰੇ, ਪੋਤਰਿਆਂ ਪੜੋਤਰਿਆਂ ਵਾਲਾ ਹੋ ਜਾਏ ਤਾਂ ਉਸ ਦਾ ਸਸਕਾਰ ਕਰਨ ਵੇਲੇ ਉਸ ਨੂੰ 'ਵ੍ਡਾ ਕਰਦੇ' ਹਨ । ਜਿਸ ਫੱਟੇ ਉਤੇ ਮੁਰਦਾ ਚੁੱਕ ਕੇ ਲੈ ਜਾਈਦਾ ਹੈ, ਉਸ ਫੱਟੇ ਨੂੰ ਸੋਹਣੇ ਕੱਪੜਿਆਂ ਤੇ ਫੁੱਲਾਂ ਨਾਲ ਸਜਾਂਦੇ ਹਨ । ਮੁਰਦਾ ਲੈ ਜਾਣ ਵੇਲੇ ਉਸ ਦੇ ਉਤੋਂ ਦੀ ਉਸ ਦੇ ਪੋਤਰੇ ਪੜੋਤਰੇ ਆਦਿਕ ਛੁਹਾਰੇ ਮਖਾਣੇ ਪੈਸੇ ਆਦਿਕ ਸੁੱਟਦੇ ਹਨ । ਇਸ ਰਸਮ ਨੂੰ 'ਬਬਾਣ' ਕੱਢਣਾ ਆਖੀਦਾ ਹੈ ।

ਪੁਰਾਣ

ਪੁਰਾਣ—ਵਿਆਸ ਰਿਸ਼ੀ ਜਾਂ ਉਸ ਦੇ ਨਾਮ ਹੇਠ ਵਿਦਵਾਨਾਂ ਦੇ ਲਿਖੇ ਹੋਏ ਇਤਿਹਾਸ ਨਾਲ ਮਿਲੇ ਧਰਮ-ਗ੍ਰੰਥ । ਇਹਨਾਂ ਦੀ ਗਿਣਤੀ ੧੮ ਹੈ । ਅਤੇ ਸ਼ਲੋਕ ਚਾਰ ਲੱਖ । ਵਿਸ਼ਨੂ ਪੁਰਾਣ ਅਨੁਸਾਰ ਪੁਰਾਣ ਦੇ ਲੱਛਣ ਇਹ ਹਨ—ਜਗਤ ਦੀ ਉਤਪੱਤੀ ਤੇ ਪ੍ਰਲੈ, ਦੇਵਤਾ ਅਤੇ ਪਿਤਰਾਂ ਦੀ ਬੰਸਾਵਲੀ, ਮਨੂ ਦੇ ਰਾਜ ਦਾ ਸਮਾ ਅਤੇ ਉਸ ਦਾ ਹਾਲ, ਸੂਰਜ ਅਤੇ ਚੰਦ੍ਰਵੰਸ ਦੀ ਕਥਾ,—ਜਿਸ ਵਿਚ ਇਹ ਪੰਜ ਪ੍ਰਸੰਗ ਹੋਣ ਉਹ ਪੁਰਾਣ ਹੈ ।

੧੮ ਪੁਰਾਣ ਇਹ ਹਨ—

ਵਿਸ਼ਨੂ ਪੁਰਾਣ, ਪਦਮ, ਬ੍ਰਹਮ, ਸ਼ਿਵ, ਭਾਵਗਤ, ਨਾਰਦ, ਮਾਰਕੰਡੇਯ, ਅਗਨਿ, ਬ੍ਰਹਮਵੈਵਰਤ, ਲਿੰਗ, ਵਾਰਾਹ, ਸਕੰਦ, ਵਾਮਨ, ਕੂਰਮ, ਮਤਸਯ, ਗਰੁੜ, ਬ੍ਰਹਮਾਂਡ, ਭਵਿਖਯ ।

ਗਰੁੜ-ਪੁਰਾਣ

ਹਿੰਦੂ ਮੰਨਦੇ ਹਨ ਕਿ ਹਰੇਕ ਦੇਵਤੇ ਦਾ ਕੋਈ ਉਚੇਚਾ ਅਵਾਹਨ (ਸਵਾਰੀ) ਹੈ । ਜਿਵੇਂ, ਗਣੇਸ਼ ਦੀ ਸਵਾਰੀ ਚੂਹਾ, ਬ੍ਰਹਮਾ ਦੀ ਸਵਾਰੀ ਹੰਸ, ਸ਼ਿਵ ਦੀ ਸਵਾਰੀ ਬੈਲ । ਇਸੇ ਤਰ੍ਹਾਂ ਗਰੁੜ ਵਿਸ਼ਨੂੰ ਦੀ ਸਵਾਰੀ ਮੰਨਿਆ ਜਾਂਦਾ ਹੈ ।

ਗਰੁੜ ਪੁਰਾਣ ਵਿਚ ਵਿਸ਼ਨੂੰ ਆਪਣੇ ਅਵਾਹਨ ਗਰੁੜ ਨੂੰ ਜਮ-ਮਾਰਗ ਦਾ ਹਾਲ ਸੁਣਾਂਦਾ ਹੈ, ਤੇ ਆਖਦਾ ਹੈ—

ਮਰਨ ਪਿਛੋਂ ਜੀਵ ਪ੍ਰੇਤ ਜੂਨ ਪ੍ਰਾਪਤ ਕਰਦਾ ਹੈ, ਅਤੇ ਇਸ ਦਾ ਸਰੀਰ ਅੰਗੂਠੇ ਜਿਤਨਾ ਹੋ ਜਾਂਦਾ ਹੈ । ਮਰੇ ਪ੍ਰਾਣੀ ਵਾਸਤੇ ਪਿੰਡ ਭਰਾਣੇ ਜ਼ਰੂਰੀ ਹਨ । ਇਹਨਾਂ ਦੀ ਸਹੈਤਾ ਨਾਲ ਪ੍ਰੇਤ ਦਾ ਸਰੀਰ ਦਸ ਦਿਨਾਂ ਵਿਚ ਹੱਥ ਭਰ ਬਣ ਜਾਂਦਾ ਹੈ । ਜਦੋਂ ਪ੍ਰਾਣੀ ਮਰਨ ਲੱਗੇ ਤਾਂ ਉਸ ਨੂੰ ਇਸ਼ਨਾਨ ਅਤੇ ਸਾਲਗਰਾਮ ਦੀ ਪੂਜਾ ਕਰਨੀ ਚਾਹੀਦੀ ਹੈ । ਸਾਲਗਰਾਮ ਸਾਰੇ ਪਾਪਾਂ ਦਾ ਨਾਸ ਕਰਦਾ ਹੈ । ਜੇ ਮਰਨ ਵੇਲੇ ਪ੍ਰਾਣੀ ਦੇ ਮੂੰਹ ਵਿਚ

ਸਾਲਗਰਾਮ ਦਾ ਚਰਨਾਮ੍ਰਿਤ ਪਏ, ਤਾਂ ਉਸ ਦੇ ਸਾਰੇ ਪਾਪ ਦੂਰ ਹੋ ਜਾਂਦੇ ਹਨ ।

ਜਿਵੇਂ ਰੂੰ ਦੇ ਢੇਰ ਅੱਗ ਦੀ ਇਕ ਚਿਣਗ ਨਾਲ ਸੜ ਕੇ ਸੁਆਹ ਹੋ ਜਾਂਦੇ ਹਨ, ਤਿਵੇਂ ਮਰਨ ਵੇਲੇ ਪ੍ਰਾਣੀ ਲਫ਼ਜ਼ ਗੰਗਾ ਆਖਣ ਨਾਲ ਹੀ ਮੁਕਤ ਹੋ ਜਾਂਦਾ ਹੈ ।

ਪ੍ਰੇਤ-ਕਰਮ ਕਰਵਾਣ ਲਈ ਮਰੇ ਪ੍ਰਾਣੀ ਦੇ ਸਸਕਾਰ ਤੋਂ ਪਹਿਲਾਂ ਉਸ ਦਾ ਪੁੱਤਰ ਤੇ ਹੋਰ ਨਜ਼ਦੀਕੀ ਸੰਬੰਧੀ ਮੁੰਡਨ ਕਰਣ । ਇਹ ਅੱਤ ਜ਼ਰੂਰੀ ਹੈ । ਪ੍ਰੇਤ ਦੀ ਖ਼ਾਤਰ ਮੰਤ੍ਰ ਕੇ ਤਿਲ ਅਤੇ ਘਿਉ ਦੀ ਅਹੂਤੀ ਦੇਣੀ ਚਾਹੀਦੀ ਹੈ, ਅਤੇ ਬਹੁਤ ਰੋਣਾ ਚਾਹੀਦਾ ਹੈ । ਅਜੇਹਾ ਕਰਨ ਨਾਲ ਮਰੇ ਪ੍ਰਾਣੀ ਨੂੰ ਸੁਖ ਹੁੰਦਾ ਹੈ ।

ਯਾਰਾਂ ਦਿਨ ਰਾਤ-ਦਿਨ ਹਰ ਵੇਲੇ ਦੀਵਾ ਜਗਦਾ ਰਹਿਣਾ ਚਾਹੀਦਾ ਹੈ । ਇਸ ਦੀਵੇ ਨਾਲ ਜਮ-ਮਾਰਗ ਵਿਚ ਚਾਨਣ ਹੁੰਦਾ ਹੈ ।

ਪ੍ਰੇਤ-ਕਰਮ ਕਰਨ ਨਾਲ ਪ੍ਰਾਣੀ ਦਸ ਦਿਨਾਂ ਵਿਚ ਹੀ ਸਾਰੇ ਪਾਪਾਂ ਤੋਂ ਛੁਟਕਾਰਾ ਪਾ ਲੈਂਦਾ ਹੈ । ਗਰੁੜ ਪੁਰਾਣ ਨੂੰ ਸੁਨਣ ਤੇ ਸੁਨਾਣ ਵਾਲੇ ਪਾਪਾਂ ਤੋਂ ਮੁਕਤ ਹੋ ਜਾਂਦੇ ਹਨ । ਇਸ ਪੁਰਾਣ ਦੇ ਵਾਚਣ ਵਾਲੇ ਪੰਡਿਤ ਨੂੰ ਕੱਪੜੇ ਗਹਿਣੇ, ਗਊ, ਅੰਨ, ਸੋਨਾ, ਜ਼ਿਮੀਨ ਆਦਿਕ ਸਭ ਕੁਝ ਦਾਨ ਕਰਨਾ ਚਾਹੀਦਾ ਹੈ, ਨਹੀਂ ਤਾਂ ਫਲ ਦੀ ਪ੍ਰਾਪਤੀ ਨਹੀਂ ਹੁੰਦੀ । ਕਥਾ ਸੁਨਾਣ ਵਾਲਾ ਜੇ ਪ੍ਰਸੰਨ ਹੋ ਜਾਵੇ, ਤਾਂ ਹੇ ਗਰੁੜ ! ਦਾਨ ਕਰਨ ਵਾਲੇ ਉਤੇ ਮੈਂ ਭੀ ਪ੍ਰਸੰਨ ਹੋ ਜਾਂਦਾ ਹਾਂ ।

ਗੁਰੂ ਅਮਰਦਾਸ ਜੀ ਬਾਰੇ ਕਿਰਿਆ ਦਾ ਭੁਲੇਖਾ

'ਸੱਦ' ਦੀ ਪੰਜਵੀਂ ਪਉੜੀ ਨੂੰ ਪੜ੍ਹ ਕੇ ਸਿੱਖ ਜਨਤਾ ਆਮ ਤੌਰ ਤੇ ਟਪਲਾ ਖਾ ਜਾਂਦੀ ਹੈ, ਤੇ ਅਨੇਕਾਂ ਸੱਜਣ ਇਹ ਸਮਝਣ ਲੱਗ ਪੈਂਦੇ ਹਨ ਕਿ ਇਸ ਪਉੜੀ ਵਿਚ ਗੁਰੂ ਅਮਰਦਾਸ ਜੀ ਵਲੋਂ ਕਿਰਿਆ ਕਰਨ ਦੀ ਹਿਦਾਇਤ ਦਾ ਜ਼ਿਕਰ ਹੈ । ਮੇਰਾ 'ਗੁਰਬਾਣੀ ਵਿਆਕਰਨ' ਸੰਨ ੧੯੩੯ ਵਿਚ ਛਪਿਆ ਸੀ।ਹੁਣ ਤਾਂ ਪੜ੍ਹੇ-ਲਿਖੇ ਸੱਜਣਾਂ ਨੂੰ ਕੋਈ ਸ਼ੱਕ ਨਹੀਂ ਰਿਹਾ ਹੋਵੇਗਾ ਕਿ ਗੁਰੂ ਸਾਹਿਬ ਦੇ ਵੇਲੇ ਦੀ ਪੰਜਾਬੀ ਅਤੇ ਹੁਣ ਦੀ ਪੰਜਾਬੀ ਦੇ ਵਿਆਕਰਨ ਵਿਚ ਬਹੁਤ ਸਾਰਾ ਫ਼ਰਕ ਹੈ । ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਸਹੀ ਸਮਝਣ ਲਈ ਇਹ ਅੱਤ ਜ਼ਰੂਰੀ ਹੈ ਕਿ ਉਸ ਵਕਤ ਦੀ ਪੰਜਾਬੀ ਦੇ ਵਿਆ-ਕਰਨਿਕ ਨਿਯਮਾਂ ਦੀ ਥੋਹੜੀ ਬਹੁਤ ਸਮਝ ਹੋਵੇ । ਪਾਠਕਾਂ ਦੀ ਸਹੂਲਤ ਵਾਸਤੇ ਪੰਜਵੀਂ ਪਉੜੀ ਦੇ ਅਰਥਾਂ ਵਿਚ ਲਫ਼ਜ਼ ਪੰਡਿਤ, ਪੜਹਿ ਅਤੇ ਪਾਵਏ ਦੀ ਵਿਆਕਰਨਿਕ ਵਾਕ-ਫ਼ੀਅਤ ਦੇਣ ਦੀ ਖ਼ਾਤਰ ਬਹੁਤ ਵਿਸਥਾਰ ਤੋਂ ਕੰਮ ਲਿਆ ਗਿਆ ਹੈ, ਤਾ ਕਿ ਕਿਸੇ ਸ਼ੱਕ ਦੀ ਗੁੰਜੈਸ਼ ਨਾਹ ਰਹਿ ਸਕੇ ।

ਭੂਮਿਕਾ ਵਿਚ ਸਰਸਰੀ ਜਿਹੀ ਜਾਣ-ਪਛਾਣ ਕ੍ਰਾਨ ਲਈ ਸਿਰਫ਼ ਇਹੀ ਦੱਸ-ਣਾ ਕਾਫ਼ੀ ਹੈ ਕਿ ਲਫ਼ਜ਼ 'ਪੰਡਿਤ' ਬਹੁ ਵਚਨ ਹੈ, ਲਫ਼ਜ਼ 'ਪੜਹਿ' ਭੀ ਬਹੁ ਵਚਨ

ਹੈ। ਹਿੰਦੂ ਸੱਜਣ ਮਰੇ ਪ੍ਰਾਣੀ ਪਿਛੋਂ ਕਿਰਿਆ ਕਰਾਂਦੇ ਹਨ। ਕਿਰਿਆ ਕਰਨ ਵਾਲੇ ਬ੍ਰਾਹਮਣ ਨੂੰ ਅਚਾਰਜ ਆਖੀਦਾ ਹੈ। ਇਹ ਅਚਾਰਜ ਖ਼ਾਨਦਾਨੀ ਹੀ ਤੁਰੇ ਆਉਂਦੇ ਹਨ। ਹਰੇਕ ਘਰ ਦਾ ਇਕੋ ਹੀ ਅਚਾਰਜ ਹੁੰਦਾ ਹੈ। ਜੇ ਗੁਰੂ ਅਮਰਦਾਸ ਜੀ ਵਲੋਂ ਕਿਰਿਆ ਦੀ ਹਿਦੈਤ ਹੁੰਦੀ, ਤਾਂ ਲਫ਼ਜ਼ 'ਪੰਡਿਤ' ਏਥੇ ਇਕ ਵਚਨ ਹੁੰਦਾ, ਇਸ ਦੀ ਸ਼ਕਲ 'ਪੰਡਿਤੁ' ਹੁੰਦੀ, ਅੱਖਰ 'ਤ' ਦੇ ਅੰਤ ਵਿਚ (ੁ) ਹੁੰਦਾ। ਲਫ਼ਜ਼ 'ਗੋਪਾਲ' ਸੰਬੰਧ ਕਾਰਕ ਵਿਚ ਹੈ। 'ਕੇਸੋ ਗੋਪਾਲ ਪੰਡਿਤ' ਦਾ ਅਰਥ ਹੈ 'ਕੇਸੋ-ਗੋਪਾਲ ਦੇ ਪੰਡਿਤਾਂ ਕੇਸੋ ਅਤੇ ਗੋਪਾਲ ਪਰਮਾਤਮਾ ਦੇ ਨਾਮ ਹਨ; ਜਿਵੇਂ,–

'ਕਬੀਰ ਕੇਸੋ ਕੇਸੋ ਕੂਕੀਐ', ਅਤੇ
'ਗੋਪਾਲ ਤੇਰਾ ਆਰਤਾ'।

ਸਤਿਗੁਰੂ ਜੀ ਵਲੋਂ ਹਿਦਾਇਤ ਇਹ ਹੈ ਕਿ ਸਾਡੇ ਪਿਛੋਂ ਪਰਮਾਤਮਾ ਦੇ ਪੰਡਿਤਾਂ ਨੂੰ ਸੱਦਣਾ, ਭਾਵ, ਸਤਸੰਗੀਆਂ ਨੂੰ ਬੁਲਾਣਾ ਜੋ ਆ ਕੇ ਗਰੁੜ ਪੁਰਾਣ ਦੇ ਥਾਂ 'ਹਰਿ ਹਰਿ ਕਥਾ' ਪੜ੍ਹਨ। ਇਸੇ ਹਿਦਾਇਤ ਦੀ ਤਾਕੀਦ ਅਗਲੀਆਂ ਦੋ ਤੁਕਾਂ ਵਿਚ ਕੀਤੀ ਹੈ।

"ਹਰਿ ਕਥਾ ਪੜੀਐ, ਹਰਿ ਨਾਮੁ ਸੁਣੀਐ ॥"

ਲਫ਼ਜ਼ 'ਪਾਵਏ ਵਰਤਮਾਨ ਕਾਲ ਹੈ, ਅੱਨ ਪੁਰਖ, ਇਕ ਵਚਨ। ਇਸ ਦਾ ਅਰਥ ਹੈ 'ਪਾਂਦਾ ਹੈ'। ਕਿਸੇ ਭੀ ਹਾਲਤ ਵਿਚ ਇਹ ਲਫ਼ਜ਼ ਹੁਕਮੀ ਭਵਿੱਖਤ ਕਾਲ (Imperative mood) ਵਿਚ ਨਹੀਂ ਹੈ। ਤੀਜੀ ਤੁਕ ਵਿਚ ਜ਼ਿਕਰ ਹੈ ਕਿ 'ਬੇਬਾਣੁ ਹਰਿ ਰੰਗੁ ਗੁਰ ਭਾਵਏ' (ਗੁਰੂ ਨੂੰ ਹਰੀ ਦਾ ਪਿਆਰ-ਰੂਪ ਬੇਬਾਣ ਚੰਗਾ ਲੱਗਦਾ ਹੈ)। ਚੌਥੀ ਤੁਕ ਦੇ ਲਫ਼ਜ਼ 'ਪਾਵਏ' ਦਾ ਕਰਤਾ ਕਾਰਕ ਲਫ਼ਜ਼ 'ਗੁਰੁ' ਹੈ (ਗੁਰੂ ਪਿੰਡ ਪਤਲਿ ਕਿਰਿਆ ਦੀਵਾ ਫੁੱਲ–ਇਹ ਸਭ ਕੁਝ 'ਹਰਿਸਰ' ਵਿਚ ਪਾਂਦਾ ਹੈ, ਭਾਵ, ਇਸ ਸਾਰੀ ਰਸਮ ਨੂੰ ਗੁਰੂ ਸਤਸੰਗ ਤੋਂ ਸਦਕੇ ਕਰਦਾ ਹੈ)।

ਕਿਰਿਆ ਆਦਿਕ ਬਾਰੇ ਗੁਰੂ ਨਾਨਕ ਦੇਵ ਜੀ ਦੀ ਹਿਦਾਇਤ ॥

ਇਹ ਗੱਲ ਨਿਸ-ਸੰਦੇਹ ਸਾਬਤ ਹੋ ਚੁਕੀ ਹੈ ਕਿ ਗੁਰੂ ਨਾਨਕ ਦੇਵ ਜੀ ਅਪਣੀ ਸਾਰੀ ਬਾਣੀ ਆਪ ਹੀ ਲਿਖ ਕੇ ਆਪਣੇ ਪਾਸ ਰੱਖਦੇ ਰਹੇ ਸਨ। ਅਪਣੀ ਹੱਥੀਂ ਉਹਨਾਂ ਇਹ ਸਾਰੀ ਹੀ ਗੁਰੂ ਅੰਗਦ ਦੇਵ ਜੀ ਦੇ ਹਵਾਲੇ ਕਰ ਦਿੱਤੀ ਸੀ। ਗੁਰੂ ਅੰਗਦ ਦੇਵ ਜੀ ਨੇ ਆਪਣੀ ਬਾਣੀ ਸਮੇਤ ਇਹ ਸਾਰਾ ਸੰਗ੍ਰਹਿ ਗੁਰੂ ਅਮਰਦਾਸ ਜੀ ਨੂੰ ਦੇ ਦਿੱਤਾ ਸੀ। ਇਸੇ ਤਰ੍ਹਾਂ ਸਿਲਸਿਲੇ-ਵਾਰ ਪਹਿਲੇ ਚਾਰ ਗੁਰ-ਵਿਅਕਤੀਆਂ ਦੀ ਸਾਰੀ ਬਾਣੀ ਗੁਰੂ ਰਾਮਦਾਸ ਜੀ ਰਾਹੀਂ ਗੁਰੂ ਅਰਜਨ ਸਾਹਿਬ ਨੂੰ ਮਿਲ ਗਈ ਸੀ। [ਪੜ੍ਹੋ ਮੇਰੇ ਲੇਖ ਤੀਜੀ ਪੋਥੀ ਵਿਚ]

ਗੁਰੂ ਨਾਨਕ ਦੇਵ ਅਤੇ ਗੁਰੂ ਅਮਰਦਾਸ ਜੀ ਦੀ ਬਾਣੀ ਦਾ ਟਾਕਰਾ ਕਰ ਕੇ ਇਹ

ਭੀ ਪੂਰੇ ਤੌਰ ਤੇ ਸਾਬਤ ਕੀਤਾ ਜਾ ਚੁਕਿਆ ਹੈ ਕਿ ਗੁਰੂ ਅਮਰਦਾਸ ਜੀ ਗੁਰੂ ਨਾਨਕ ਜੀ ਦੀ ਸਾਰੀ ਬਾਣੀ ਨੂੰ ਬੜੇ ਗਹੁ ਨਾਲ ਪੜ੍ਹਦੇ ਰਹਿੰਦੇ ਸਨ । ਇਸ ਬਾਣੀ ਬਾਰੇ ਉਹਨਾਂ ਦਾ ਅੱਭਿਆਸ ਕਮਾਲ ਦਰਜੇ ਦਾ ਸੀ ।

ਹਿੰਦੂ ਪ੍ਰਾਣੀ ਦੇ ਅੰਤਮ ਸੰਸਕਾਰ ਦੀਵਾ, ਪਿੰਡ, ਪਤਲਿ, ਕਿਰਿਆ ਆਦਿਕ-ਬਾਰੇ ਗੁਰੂ ਨਾਨਕ ਦੇਵ ਜੀ ਨੇ ਪਹਿਲੀ 'ਉਦਾਸੀ' ਸਮੇਂ ਗਇਆ ਤੀਰਥ ਤੇ ਪਹੁੰਚ ਕੇ ਜੋ ਆਪਣੇ ਖ਼ਿਆਲ ਪਰਗਟ ਕੀਤੇ ਸਨ, ਤੇ ਜੋ ਸਾਰੀ ਬਾਣੀ ਦੇ ਸੰਗ੍ਰਹਿ ਵਿਚ ਆ ਕੇ ਗੁਰੂ ਅਮਰਦਾਸ ਜੀ ਦੇ ਪਾਸ ਮੌਜੂਦ ਸਨ, ਉਹ ਇਉਂ ਹਨ :-

ਆਸਾ ਮਹਲਾ ੧॥ ਦੀਵਾ ਮੇਰਾ ਏਕੁ ਨਾਮੁ, ਦੁਖੁ, ਵਿਚਿ ਪਾਇਆ ਤੇਲੁ ।। ਉਨਿ ਚਾਨਣਿ ਓਹੁ ਸੋਖਿਆ, ਚੂਕਾ ਜਮ ਸਿਉ ਮੇਲੁ ।।੧।। ਲੋਕਾ ਮਤ ਕੋ ਫਕੜਿ ਪਾਇ ॥ ਲਖ ਮੜਿਆ ਕਰਿ ਏਕਠੇ,ਏਕ ਰਤੀ ਲੇ ਭਾਹਿ॥ ੧।। ਰਹਾਉ ॥ ਪਿੰਡ ਪਤਲਿ ਮੇਰੀ ਕੇਸਉ, ਕਿਰਿਆ ਸਚੁ ਨਾਮੁ ਕਰਤਾਰ।। ਐਥੈ ਓਥੈ ਆਗੈ ਪਾਛੈ, ਏਹੁ ਮੇਰਾ ਆਧਾਰੁ ।।੨।। ਗੰਗ ਬਨਾਰਸਿ ਸਿਫਤਿ ਤੁਮਾਰੀ, ਨਾਵੈ ਆਤਮ ਰਾਉ ।। ਸਚਾ ਨਾਵਣੁ ਤਾ ਥੀਐ, ਜਾ ਅਹਿਨਿਸਿ ਲਾਗੈ ਭਾਉ ।।੩।। ਇਕ ਲੋਕੀ ਹੋਰ ਛਮਛਰੀ, ਬ੍ਰਹਮਣੁ ਵਟਿ ਪਿੰਡ ਖਾਇ ।। ਨਾਨਕ ਪਿੰਡੁ ਬਖਸੀਸ ਕਾ , ਕਬਹੂ ਨਿਖੂਟਸਿ ਨਾਹਿ ॥ ੪ ॥

ਦੀਵਾ-ਵੱਟੀ, ਪਿੰਡ ਭਰਾਣੇ, ਕਿਰਿਆ ਕਰਾਣੀ, ਫੁੱਲ ਹਰਿਦੁਆਰ ਲੈ ਜਾਣੇ-ਇਸ ਸਾਰੀ ਹੀ ਮਰਯਾਦਾ ਬਾਰੇ ਸਿੱਖ ਧਰਮ ਦੇ ਬਾਨੀ ਗੁਰੂ ਨਾਨਕ ਦੇਵ ਜੀ ਨੇ ਆਪਣੇ ਨਾਮ-ਲੇਵਾ ਸਿੱਖਾਂ ਲਈ ਇਹ ਹਿਦਾਇਤ ਸੰਨ ੧੫੦੯ ਦੀ ਵਿਸਾਖੀ ਸਮੇਂ ਸਪਸ਼ਟ ਕਰ ਦਿੱਤੀ । ਆਪਣੀ ਸੰਸਾਰਕ ਜ਼ਿੰਦਗੀ ਦੇ ਬਾਕੀ ਸਾਢੇ ਤੀਹ ਸਾਲ ਇਸ ਹਿਦਾਇਤ ਦਾ ਪਰਚਾਰ ਕਰਦੇ ਰਹੇ, ਅਤੇ ਆਪਣੇ ਸਿੱਖਾਂ ਨੂੰ ਇਸ ਉਤੇ ਤੋਰਦੇ ਰਹੇ । ਇਹ ਕੋਈ ਨਿੱਕੀ ਜੇਹੀ ਗੱਲ ਨਹੀਂ ਸੀ । ਸਾਰੀ ਹਿੰਦੂ ਜਨਤਾ ਕਿਰਿਆ ਆਦਿਕ ਮਰਯਾਦਾ ਸੰਬੰਧੀ ਸਦੀਆਂ ਤੋਂ ਬ੍ਰਾਹਮਣ ਦੀ ਮੁਥਾਜ ਚਲੀ ਆ ਰਹੀ ਹੈ। ਗੁਰੂ ਨਾਨਕ ਦੇਵ ਜੀ ਨੇ ਆਪਣੇ ਸਿੱਖਾਂ ਨੂੰ ਇਹਨਾਂ ਬੰਧਨਾਂ ਤੋਂ ਸੁਤੰਤਰ ਕਰ ਦਿੱਤਾ । ਜਿਥੋਂ ਤਕ ਰੋਜ਼ੀ ਦਾ ਸੰਬੰਧ ਸੀ, ਬ੍ਰਾਹਮਣਾਂ ਨੂੰ ਗੁਰੂ ਨਾਲਕ ਦੇਵ ਜੀ ਤੇ ਉਹਨਾਂ ਦੇ ਜਾ-ਨਸ਼ੀਨ ਗੁਰ-ਵਿਅਕਤੀਆਂ ਤੋਂ ਭਾਰੀ ਖ਼ਤਰਾ ਦਿੱਸ ਪਿਆ । ਗੁਰ-ਇਤਿਹਾਸ ਨੂੰ ਗਹੁ ਨਾਲ ਪੜ੍ਹਨ ਵਾਲੇ ਸੱਜਣ ਜਾਣਦੇ ਹਨ ਕਿ ਬ੍ਰਾਹਮਣ ਨੇ ਗੁਰੂ ਨਾਨਕ ਦੇਵ ਜੀ ਦੇ ਸਮੇਂ ਤੋਂ ਹੀ ਸਿੱਖ ਧਰਮ ਦੀ ਵਿਰੋਧਤਾ ਸ਼ੁਰੂ ਕਰ ਦਿੱਤੀ ਸੀ ।

ਇਹ ਸਵਾਲ ਹੀ ਪੈਦਾ ਨਹੀਂ ਹੁੰਦਾ ਕਿ ਤੀਜੇ ਗੁਰੂ ਗੁਰੂ ਅਮਰਦਾਸ ਜੀ ਬ੍ਰਾਹਮਣ

ਵਾਲੀ ਉਸੇ ਮੁਥਾਜੀ ਵਿਚ ਮੁੜ ਆਪ ਪੈ ਕੇ ਆਪਣੇ ਸਿੱਖਾਂ ਲਈ ਭੀ ਉਹੀ ਮੁਥਾਜੀ ਨਵੇਂ ਸਿਰੇ ਕਾਇਮ ਕਰ ਜਾਂਦੇ । ਹਿੰਦੂ ਸੱਜਣ ਦੀ ਕਿਰਿਆ ਹੁੰਦੀ ਹੈ ਕਿ ਉਸ ਨੂੰ ਪ੍ਰੇਤ ਜੂਨ ਵਿਚੋਂ ਕੱਢ ਕੇ ਪਿਤਰ ਲੋਕ ਵਿਚ ਅਪੜਾਇਆ ਜਾਏ । ਗੁਰੂ ਅਮਰਦਾਸ ਜੀ ਬਾਰੇ ਅਜੇਹਾ ਕੋਈ ਰੰਚਕ ਮਾਤ੍ਰ ਖ਼ਿਆਲ ਭੀ ਲਿਆਉਣਾ ਇਕ ਸਿੱਖ ਵਾਸਤੇ ਅੱਤ ਦਰਜੇ ਦੀ ਮਾਨਸਕ ਗਿਰਾਵਟ ਹੈ ।

ਗੁਰੂ ਅਮਰਦਾਸ ਜੀ ਅਤੇ ਤੀਰਥ-ਯਾਤ੍ਰਾ

ਜਿਨ੍ਹਾਂ ਲੋਕਾਂ ਦੀ ਦੀਵੇ-ਵੱਟੀ ਪਿੰਡ-ਪੱਤਲਿ ਕਿਰਿਆ ਆਦਿਕ ਵਿਚ ਸਰਧਾ ਹੈ, ਉਹਨਾਂ ਵਾਸਤੇ ਇਹ ਭੀ ਜ਼ਰੂਰੀ ਹੈ ਕਿ ਆਪਣੇ ਮਰੇ ਪ੍ਰਾਣੀ ਦੀਆਂ ਅਸਥੀਆਂ (ਫੁੱਲ) ਹਰਿਦੁਆਰ ਲੈ ਜਾ ਕੇ ਗੰਗਾ ਵਿਚ ਜਲ-ਪ੍ਰਵਾਹ ਕਰਨ । ਦੂਜੇ ਲਫ਼ਜ਼ਾਂ ਵਿਚ ਇਉਂ ਕਹਿ ਲਵੋ ਕਿ ਕਿਰਿਆ ਆਦਿਕ ਦੇ ਸਰਧਾਲੂ ਲਈ ਹਰਿਦੁਆਰ ਤੀਰਥ ਤੇ ਗੰਗਾ ਦਾ ਇਸ਼ਨਾਨ ਅੱਤ ਜ਼ਰੂਰੀ ਹੈ। ਪਰ ਇਸ ਬਾਰੇ ਭੀ ਗੁਰੂ ਨਾਨਕ ਦੇਵ ਜੀ ਨੇ ਉਸੇ ਸ਼ਬਦ ਵਿਚ ਸਾਫ਼ ਲਿਖ ਦਿੱਤਾ ਕਿ ਪਰਮਾਤਮਾ ਦੀ ਸਿਫ਼ਤਿ-ਸਾਲਾਹ ਹੀ ਸਾਡੇ ਵਾਸਤੇ ਗੰਗਾ ਦਾ ਇਸ਼ਨਾਨ ਹੈ ।

ਸਿੱਖ-ਇਤਿਹਾਸ ਲਿਖਦਾ ਹੈ ਕਿ ਗੁਰੂ ਅੰਗਦ ਸਾਹਿਬ ਦੇ ਪਾਸ ਸੰਨ ੧੫੪੧ ਵਿਚ ਆਉਣ ਤੋਂ ਪਹਿਲਾਂ ਗੁਰੂ ਅਮਰਦਾਸ ਜੀ ੧੯ ਸਾਲ ਹਰਿਦੁਆਰ ਜਾਂਦੇ ਰਹੇ। ਇਹ ਉਹਨਾਂ ਦਾ ਹਰ ਸਾਲ ਦਾ ਨਿਯਮ ਸੀ। ਪਰ ਸਤਿਗੁਰੂ ਜੀ ਦੀ ਸਰਨ ਆ ਕੇ ਉਹਨਾਂ ਹਿੰਦੂ ਮਤ ਵਾਲਾ ਤੀਰਥ-ਇਸ਼ਨਾਨ ਦਾ ਨਿਯਮ ਬੇ-ਲੋੜਵਾਂ ਸਮਝ ਲਿਆ। ਸੰਨ ੧੫੪੧ ਤੋਂ ਪਿਛੋਂ ਆਪਣੇ ੩੪ ਸਾਲਾਂ ਦੇ ਸਰੀਰਕ ਜੀਵਨ ਵਿਚ ਉਹ ਸਿਰਫ਼ ਇੱਕ ਵਾਰੀ ਹਰਿਦੁਆਰ ਗਏ ਸੰਨ ੧੫੫੮ ਵਿਚ, ਜਦੋਂ ਉਹਨਾਂ ਨੂੰ ਗੁਰ-ਗੱਦੀ ਤੇ ਬੈਠਿਆਂ ੬ ਸਾਲ ਹੋ ਚੁਕੇ ਸਨ। ਉਹ ਭੀ ਇੱਕ ਵਾਰੀ ਕਿਉਂ ਗਏ ਸਨ ? ਜਿਵੇਂ ਗੁਰੂ ਨਾਨਕ ਦੇਵ ਜੀ "ਚੜ੍ਹਿਆ ਸੋਧਣ ਧਰਤਿ ਲੁਕਾਈ।" ਗੁਰੂ ਅਮਰਦਾਸ ਜੀ ਦੇ ਹਰਿਦੁਆਰ ਜਾਣ ਬਾਰੇ ਗੁਰੂ ਰਾਮਦਾਸ ਜੀ ਨੇ ਤੁਖਾਰੀ ਰਾਗ ਵਿਚ ਲਿਖਿਆ ਹੈ :-

"ਤੀਰਥ ਉਦਮੁ ਸਤਿਗੁਰੁ ਕੀਆ,
ਸਭੁ ਲੋਕੁ ਉਧਰਣ ਅਰਥਾ ॥੧॥"

ਗੁਰੂ ਦੀ ਸਰਨ ਆਉਣਾ, ਗੁਰੂ ਦੇ ਸ਼ਬਦ ਵਿਚ ਜੁੜਨਾ–ਸਿਰਫ਼ ਇਹੀ ਸੀ ਸੱਚਾ ਤੀਰਥ ਗੁਰੂ ਅਮਰਦਾਸ ਜੀ ਦੀਆਂ ਨਜ਼ਰਾਂ ਵਿਚ। ਸੂਹੀ ਰਾਗ ਦੀਆਂ ਅਸਟਪਦੀਆਂ ਵਿਚ ਆਪ ਨੇ ਲਿਖਿਆ ਹੈ :–

"ਸਚਾ ਤੀਰਥ ਜਿਤੁ ਸਤਸਰਿ ਨਾਵਣੁ
ਗੁਰਮੁਖਿ ਆਪਿ ਬੁਝਾਏ ॥

ਅਠਸਠਿ ਤੀਰਥ ਗੁਰ ਸਬਦਿ ਦਿਖਾਏ
ਤਿਤੁ ਨਾਤੈ ਮਲੁ ਜਾਏ ॥''

ਸੋ, ਜਿਥੇ ਪ੍ਰਾਣੀ ਦੇ ਅੰਤਮ ਸੰਸਕਾਰ ਬਾਰੇ ਸਿੱਖ-ਧਰਮ ਦਾ ਦ੍ਰਿਸ਼ਟੀ-ਕੋਣ ਹਿੰਦੂ ਧਰਮ ਨਾਲੋਂ ਬਦਲ ਚੁਕਿਆ ਸੀ, ਉਥੇ ਤੀਰਥ-ਇਸ਼ਨਾਨ ਬਾਰੇ ਭੀ ਵੱਖਰਾ ਹੋ ਗਿਆ ਸੀ ।

'ਸੱਦ' ਦਾ ਇੰਦਰਾਜ 'ਬੀੜ' ਵਿਚ

ਗੁਰੂ ਗ੍ਰੰਥ ਸਾਹਿਬ ਦੀ ਬਾਣੀ ਨੂੰ ਉਸ ਵੇਲੇ ਦੇ ਵਿਆਕਰਨ ਅਨੁਸਾਰ ਸਮਝਣ ਵਲੋਂ ਸਿੱਖ ਪੰਥ ਦੀ ਲਾ-ਪਰਵਾਹੀ ਨੇ ਕਈ ਸ਼ਬਦਾਂ ਬਾਰੇ ਕਈ ਭੁਲੇਖੇ ਖੜੇ ਕਰ ਦਿੱਤੇ। ਜਿਵੇਂ 'ਸੱਦ' ਦੀ ਪੰਜਵੀਂ ਪਉੜੀ ਤੋਂ ਇਹ ਭੁਲੇਖਾ ਬਣਿਆ, ਇਸੇ ਤਰ੍ਹਾਂ ਭਗਤਾਂ ਦੇ ਕਈ ਸ਼ਬਦ ਭੀ ਗੁਰਮਤਿ ਦੇ ਉਲਟ ਸਮਝੇ ਜਾਣ ਲੱਗ ਪਏ । ਸ਼ਬਦਾਂ ਦੀ ਸਹੀ ਸਮਝ ਨਾਹ ਪੈ ਸਕਣ ਤੇ ਕਈ ਹਾਸੋ-ਹੀਨੀਆਂ ਸਾਖੀਆਂ ਭੀ ਚੱਲ ਪਈਆਂ ।

ਇਸ ਦਾ ਨਤੀਜਾ ਇਹ ਨਿਕਲਿਆ ਕਿ ਕਈ ਸੱਜਣਾਂ ਨੇ ਇਹ ਮਨੌਤ ਬਣਾ ਲਈ ਕਿ ਭਗਤ-ਬਾਣੀ, ਸੱਤੇ ਬਲਵੰਡ ਦੀ ਵਾਰ ਆਦਿਕ ਕੁਝ ਬਾਣੀਆਂ ਗੁਰੂ ਅਰਜਨ ਸਾਹਿਬ ਦੀ ਸ਼ਹੀਦੀ ਤੋਂ ਪਿਛੋਂ ਬਾਬਾ ਪ੍ਰਿਥੀ ਚੰਦ ਜੀ ਨੇ ਜਹਾਂਗੀਰ ਨਾਲ ਸਾਜ਼ਸ਼ ਕਰ ਕੇ 'ਬੀੜ' ਵਿਚ ਦਰਜ ਕਰਾ ਦਿੱਤੀਆਂ ਸਨ ।

ਇਸ ਪ੍ਰਸਤਾਵ ਦਾ ਉੱਤਰ ਪੜ੍ਹੋ ਤੀਜੀ ਪੋਥੀ ਵਿਚ ਉਸ ਨੂੰ ਇਥੇ ਦੁਹਰਾਣ ਦੀ ਲੋੜ ਨਹੀਂ ਹੈ। ਇਥੇ ਸਿਰਫ਼ ਗੁਰੂ ਗ੍ਰੰਥ ਸਾਹਿਬ ਵਿਚ ਵਰਤੇ 'ਅੰਕਾਂ' ਦਾ ਹਵਾਲਾ ਦੇ ਕੇ ਦੱਸਿਆ ਜਾਇਗਾ ਕਿ ਬਾਣੀ 'ਸਦੁ' ਗੁਰੂ ਅਰਜਨ ਸਾਹਿਬ ਨੇ ਆਪ ਹੀ ਦਰਜ ਕਰਾਈ ਸੀ ।

੧੪੩੦ ਸਫ਼ਿਆਂ ਵਾਲੀ 'ਬੀੜ' ਅਨੁਸਾਰ ਰਾਮਕਲੀ ਰਾਗ ਵਿਚ ਵਰਤੇ ਅੰਕਾਂ ਉਤੇ ਵਿਚਾਰ ਕੀਤੀ ਜਾਇਗੀ ।

ਇਹ ਰਾਗ ਸਫ਼ਾ ੯੭੬ ਤੋਂ ਸ਼ੁਰੂ ਹੁੰਦਾ ਹੈ । ਮਰਯਾਦਾ ਅਨੁਸਾਰ ਸਭ ਤੋਂ ਪਹਿਲਾਂ ਗੁਰੂ ਨਾਨਕ ਦੇਵ ਜੀ ਦੇ ਸ਼ਬਦ ਹਨ । ਸਫ਼ਾ ੯੭੯ ਤੇ ਕੁੱਲ ਜੋੜ ੧੧ ਦਿੱਤਾ ਗਿਆ ਹੈ ।

ਸਫ਼ਾ ੯੮੦—ਸ਼ਬਦ ਗੁਰੂ ਅਮਰਦਾਸ ਜੀ । ਸਿਰਫ਼ ਇਕੋ ਸ਼ਬਦ ਹੈ । ਇਸੇ ਹੀ ਸਫ਼ੇ ਤੇ ਗੁਰੂ ਰਾਮਦਾਸ ਜੀ ਦੇ ਸ਼ਬਦ ਸ਼ੁਰੂ ਹੁੰਦੇ ਹਨ । ਸਫ਼ਾ ੯੮੨ ਤੇ ਇਹਨਾਂ ਦੇ ਸ਼ਬਦਾਂ ਦਾ ਜੋੜ ੬ ਦਿੱਤਾ ਹੋਇਆ ਹੈ । ਇਥੇ ਹੀ ਤਿੰਨਾਂ ਗੁਰ-ਵਿਅਕਤੀਆਂ ਦੇ ਸ਼ਬਦਾਂ ਦਾ ਜੋੜ ੧੮ ਭੀ ਲਿਖਿਆ ਮਿਲਦਾ ਹੈ—੧੧+੧+੬=੧੮ ।

ਸਫ਼ਾ ੯੮੨ ਤੋਂ ਗੁਰੂ ਅਰਜਨ ਦੇਵ ਜੀ ਦੇ ਸ਼ਬਦ ਸ਼ੁਰੂ ਹੋਏ ਹਨ । ਸਫ਼ਾ ੯੯੬

ਤੇ 'ਘਰੁ ੧' ਦੇ ੧੧ ਸ਼ਬਦ ਮੁੱਕਦੇ ਹਨ। ਅਗਾਂਹ 'ਘਰੁ ੨' ਦੇ ਸ਼ਬਦ ਹਨ। ਅੰਕ ਦੋਹਰਾ ਕਰ ਦਿੱਤਾ ਗਿਆ ਹੈ। ਸਫ਼ਾ ੯੦੧ ਤੇ ਇਹ ਲੜੀ ਖ਼ਤਮ ਹੁੰਦੀ ਹੈ। ਦੋਹਰਾ ਜੋੜ ਹੈ। ੪੫। ੫੬। ਭਾਵ, ੪੫ ਸ਼ਬਦ 'ਘਰੁ ੨' ਦੇ ਹਨ, ਅਤੇ ੧੧ 'ਘਰੁ੧' ਦੇ। ਪਰ ਇਹ ਤਕਰੀਬਨ ਸਾਰੇ ਸ਼ਬਦ ਚਉਪਦੇ ਹਨ। ਸਫ਼ਾ ੯੦੧ ਉੱਤੇ 'ਘਰੁ ੨' ਦੇ ਹੀ ਦੋ ਸ਼ਬਦ ਦੁਪਦੇ ਵੱਖਰੇ ਦੇ ਕੇ ਸਾਰਾ ਜੋੜ ੫੮ ਦਿੱਤਾ ਗਿਆ ਹੈ। ਅਗਾਂਹ 'ਪੜਤਾਲ ਘਰੁ ੩' ਦੇ ਦੋ ਸ਼ਬਦ ਹਨ। ਤੇ,ਅਖ਼ੀਰ ਤੇ ਗੁਰੂ ਅਰਜਨ ਸਾਹਿਬ ਦੇ ਸਾਰੇ ਸ਼ਬਦਾਂ ਦਾ ਜੋੜ ੬੦ ਦਿੱਤਾ ਗਿਆ ਹੈ।

ਅਸਟਪਦੀਆ—

ਸਫ਼ਾ ੯੦੨ ਤੇ ਗੁਰੂ ਨਾਨਕ ਦੇਵ ਜੀ ਦੀਆਂ। ਸਫ਼ਾ ੯੦੮ ਤੇ ਖ਼ਤਮ। ਜੋੜ ੯।

ਸਫ਼ਾ ੯੦੮ ਤੋਂ ਗੁਰੂ ਅਮਰਦਾਸ ਜੀ ਦੀਆਂ। ਸਫ਼ਾ ੯੧੨ ਤੇ ਖ਼ਤਮ। ਜੋੜ੫। ਦੋਹਾਂ ਦਾ ਜੋੜ ੧੪ ਭੀ ਮੌਜੂਦ ਹੈ।

ਸਫ਼ਾ ੯੧੨ ਤੋਂ ਗੁਰੂ ਅਰਜਨ ਸਾਹਿਬ ਦੀਆਂ। ਸਫ਼ਾ ੯੧੬ ਤੇ ਖ਼ਤਮ।ਜੋੜ ੮। ਤਿੰਨਾਂ ਗੁਰ-ਵਿਅਕਤੀਆਂ ਦੀਆਂ ਅਸਟਪਦੀਆਂ ਦਾ ਜੋੜ ੨੨।

ਸਫ਼ਾ ੯੧੭ ਤੇ ਮਹਲਾ ੩ ਦੀ ਬਾਣੀ ਅਨੰਦੁ। ੪੦ ਪਉੜੀਆਂ ਦੀ ਸਾਬਤ ਬਾਣੀ ਸਫ਼ਾ ੯੨੨ ਤੇ ਮੁੱਕਦੀ ਹੈ ਅਖ਼ੀਰਲਾ ਅੰਕ ੧,ਭਾਵ, ਇਹ ਇੱਕ ਬਾਣੀ ਸਮਝੀ ਜਾਏ।

ਸਫ਼ਾ ੯੨੩ ਤੇ 'ਸਦੁ'। ੬ ਪਉੜੀਆਂ ਦੀ ਇਕ ਬਾਣੀ। ੯੨੪ ਤੇ ਅਖ਼ੀਰਲਾ ਅੰਕ।੬।੧।

ਸਫ਼ਾ ੯੨੪ ਤੋਂ ਛੰਤ ਮਹਲਾ ੫ ਦੇ। ਸਫ਼ਾ ੯੨੭ ਤੇ ੪ ਛੰਤ ਖ਼ਤਮ ਹੁੰਦੇ ਹਨ, ਪਰ ਪੰਜਵੇਂ ਛੰਤ ਦੀਆਂ ਸਿਰਫ਼ ੨ ਤੁਕਾਂ ਹਨ। ਇਸ ਤੋਂ ਅਗਾਂਹ ਮਹਲਾ ੫ ਦਾ'ਰੁਤੀ ਸਲੋਕ' ਹੈ। ਇਹ ਇਕ ਲੰਮਾ ਛੰਤ ਹੈ ਸ਼ਲੋਕਾਂ ਸਮੇਤ। ਇਸ ਦੇ ੮ ਬੰਦ ਹਨ, ਹਰੇਕ ਦੇ ਨਾਲ ਇਕ ਇਕ ਸ਼ਲੋਕ ਹੈ। ਸਾਰੇ ਛੰਤ ਨੂੰ ਇੱਕ(੧) ਸਮਝਣਾ ਹੈ। ਇਸ ਵਾਸਤੇ ਸਫ਼ਾ ੯੨੯ ਉਤੇ ਇਸ ਦੇ ਅਖ਼ੀਰ ਤੇ ਅੰਕ ਹੈ।੮।੧।

ਪਰ ਇਸ ਅੰਕ ਦੇ ਨਾਲ ਹੀ ਅੰਕ ਹਨ ੬।੮। ਇਹਨਾਂ ਨੂੰ ਰਤਾ ਸਮਝਣ ਦੀ ਲੋੜ ਹੈ।

ਅਸਟਪਦੀਆ ਮੁੱਕਣ ਤੇ
ਅਨੰਦੁ———੧ ਬਾਣੀ
ਸਦੁ———੧ ਬਾਣੀ
ਛੰਤੁ———੫
ਰੁਤੀ ਸਲੋਕ—੧

ਕੁੱਲ ਜੋੜ ੮

ਅਸ਼ਟਪਦੀਆਂ ਤੋਂ ਪਿਛੋਂ ਪਹਿਲਾਂ ਮ: ੩ ਦੀ ਬਾਣੀ 'ਅਨੰਦੁ' ਹੈ, ਅਖ਼ੀਰ ਤੇ ਮ: ੫ ਦਾ ਰੁਤੀ ਸਲੋਕ ਹੈ। ਤੇ, 'ਸਦੁ' ਸਮੇਤ ਜੋੜ ੯ ਦਿੱਤਾ ਹੋਇਆ ਹੈ।

ਜੇ ਗੁਰੂ ਅਰਜਨ ਸਾਹਿਬ ਦੀ ਸ਼ਹੀਦੀ ਤੋਂ ਪਿਛੋਂ 'ਸਦੁ' ਦੀ ਬਾਣੀ ਦਰਜ ਹੋਈ ਹੁੰਦੀ, ਤਾਂ ਪਹਿਲਾਂ ਅੰਕ ੭ ਹੁੰਦਾ, ਜਿਸ ਨੂੰ ਤੋੜ ਕੇ ਅੰਕ ੯ ਬਣਾਇਆ ਜਾਂਦਾ।

ਬਾਬਾ ਸੁੰਦਰ ਜੀ

ਬਾਣੀ 'ਸਦ' ਦੇ ਕਰਤਾ ਬਾਬਾ ਸੁੰਦਰ ਜੀ ਗੁਰੂ ਅਮਰਦਾਸ ਜੀ ਦੇ ਪੜੋਤਰੇ ਸਨ।

ਗੁਰੂ ਅਮਰਦਾਸ ਜੀ
|
ਬਾਬਾ ਮੋਹਰੀ ਜੀ
|
ਬਾਬਾ ਅਨੰਦ ਜੀ
|
ਬਾਬਾ ਸੁੰਦਰ ਜੀ

ਰਾਮਕਲੀ ਸਦੁ ॥ [੯੨੩]

ਸਦੁ—ਲਫ਼ਜ਼ 'ਸਦੁ' ਪੰਜਾਬੀ ਬੋਲੀ ਵਿੱਚ ਆਮ ਵਰਤਿਆ ਜਾਂਦਾ ਹੈ, ਇਸ ਦਾ ਅਰਥ ਹੈ 'ਵਾਜ'।

ਇਹ ਲਫ਼ਜ਼ ਸੰਸਕ੍ਰਿਤ ਦੇ ਲਫ਼ਜ਼ 'ਸਬਦ' (शब्द) ਦਾ ਪ੍ਰਾਕ੍ਰਿਤ ਰੂਪ ਹੈ 'ਸੱਦ' (सद्द), ਜੋ ਪੰਜਾਬੀ ਵਿੱਚ ਭੀ 'ਸੱਦੁ' ਹੈ। ਸੰਸਕ੍ਰਿਤ ਦੇ ਤਾਲਵੀ 'ਸ਼' (श)ਦੇ ਥਾਂ ਪ੍ਰਾਕ੍ਰਿਤ ਵਿਚ ਦੰਤਵੀ 'ਸ' ਰਹਿ ਗਿਆ ਅਤੇ ਦੋ ਅੱਖਰਾਂ (ब्द) ਦੇ ਥਾਂ ਇੱਕ ਅੱਖਰ 'ਦ' ਦੀ ਹੀ ਦੋਹਰੀ ਆਵਾਜ਼ ਰਹਿ ਗਈ।

ਰਾਮਕਲੀ ਰਾਗ ਵਿੱਚ ਲਿਖੀ ਹੋਈ ਇਸ ਬਾਣੀ ਦਾ ਨਾਮ 'ਸਦੁ' ਹੈ, ਇਥੇ ਇਸ ਦਾ ਭਾਵ ਹੈ 'ਰੱਬ ਵੱਲੋਂ ਗੁਰੂ ਅਮਰਦਾਸ ਜੀ ਨੂੰ ਆਇਆ ਹੋਇਆ ਸੱਦਾ ॥'

ੴ ਸਤਿਗੁਰ ਪ੍ਰਸਾਦਿ ॥ ਜਗਿ ਦਾਤਾ ਸੋਇ, ਭਗਤਿ ਵਛਲੁ ਤਿਹੁ ਲੋਇ ਜੀਉ ॥ ਗੁਰ ਸਬਦਿ ਸਮਾਵਏ, ਅਵਰੁ ਨ ਜਾਣੈ ਕੋਇ ਜੀਉ ॥ ਅਵਰੋ ਨ ਜਾਣਹਿ ਸਬਦਿ ਗੁਰ ਕੈ, ਏਕੁ ਨਾਮੁ ਧਿਆਵਹੇ ॥ ਪਰਸਾਦਿ ਨਾਨਕ ਗੁਰੂ ਅੰਗਦ,ਪਰਮ ਪਦਵੀ ਪਾਵਹੇ ॥ਆਇਆ ਹਕਾਰਾ ਚਲਣਵਾਰਾ,

ਹਰਿ ਰਾਮਨਾਮਿ ਸਮਾਇਆ ॥ ਜਗਿ ਅਮਰੁ ਅਟਲੁ ਅਤੋਲੁ ਠਾਕੁਰੁ, ਭਗਤਿ ਤੇ ਹਰਿ ਪਾਇਆ ॥ ੧ ॥ [੯੨੩]

ਪਦ ਅਰਥ :–ਜਗਿ–ਜੱਗ ਵਿਚ । ਭਗਤਿ ਵਛਲੁ ਦਾਤਾ–ਭਗਤੀ ਨੂੰ ਪਿਆਰ ਕਰਨ ਵਾਲਾ ਦਾਤਾ । ਤਿਹੁ ਲੋਇ–ਤਿੰਨਾਂ ਲੋਕਾਂ ਵਿਚ । ਗੁਰ ਸਬਦਿ–ਗੁਰੂ ਦੇ ਸ਼ਬਦ ਦੁਆਰਾ । ਸਮਾਵਏ–(ਉਸ ਅਕਾਲ ਪੁਰਖ ਵਿਚ) (ਗੁਰੂ ਅਮਰਦਾਸ) ਸਮਾਉਂਦਾ ਹੈ, ਲੀਨ ਹੁੰਦਾ ਹੈ । ਨ ਜਾਣਹਿ–ਨਹੀਂ ਜਾਣਦੇ ਹਨ, (ਗੁਰੂ ਅਮਰਦਾਸ ਜੀ) ਨਹੀ ਜਾਣਦੇ ਹਨ ।

ਨੋਟ ! ਦੂਜੀ ਤੁਕ ਵਿਚ ਲਫ਼ਜ਼ "ਜਾਣੈ" ਆਇਆ ਹੈ, ਅਤੇ ਤੀਜੀ ਵਿਚ "ਜਾਣਹਿ" ਹੈ । ਵਿਆਕਰਨ ਅਨੁਸਾਰ ਲਫ਼ਜ਼ "ਜਾਣੈ" ਵਰਤਮਾਨ ਕਾਲ (Present Tense) ਅੱਨ ਪੁਰਖ (Third person) ਇਕ ਵਚਨ (Singular Number) ਹੈ । ਇਸ ਸਾਰੀ ਪਉੜੀ ਵਿਚ 'ਗੁਰੂ ਅਮਰਦਾਸ' ਵੱਲ ਇਸ਼ਾਰਾ ਹੈ । ਸੋ ਲਫ਼ਜ਼ 'ਗੁਰੂ ਅਮਰਦਾਸ' ਇਸ ਕ੍ਰਿਆ ਦਾ 'ਕਰਤਾ' (Subject) ਹੈ । ਇਸ ਦਾ ਅਰਥ ਹੈ–(ਗੁਰੂ ਅਮਰਦਾਸ) ਜਾਣਦਾ ਹੈ ।

ਤੀਜੀ ਤੁਕ ਵਿਚ ਲਫ਼ਜ਼ 'ਜਾਣਹਿ' ਹੈ, ਇਹ 'ਜਾਣੈ' ਦਾ ਬਹੁ ਵਚਨ (Plural Number) ਹੈ, ਜਿਵੇਂ 'ਗਾਵੈ' ਤੋਂ 'ਗਾਵਹਿ' ਹੈ । ਇਸ ਦਾ ਅਰਥ ਹੈ 'ਜਾਣਦੇ ਹਨ' । ਜਿਵੇਂ 'ਸਤਕਾਰ' ਪਰਗਟ ਕਰਨ ਵਾਸਤੇ ਸੁਖਮਨੀ ਸਾਹਿਬ ਵਿਚ ਲਫ਼ਜ਼ 'ਪ੍ਰਭ' ਦੇ ਨਾਲ 'ਜੀ' ਵਰਤ ਕੇ ਇਸ ਦੇ ਨਾਲ 'ਕ੍ਰਿਆ' ਬਹੁ ਵਚਨ (Plural Number) ਵਿਚ ਵਰਤੀ ਗਈ ਹੈ :

"ਪ੍ਰਭ ਜੀ ਬਸਹਿ ਸਾਧ ਕੀ ਰਸਨਾ"

ਤਿਵੇਂ ਇਥੇ ਭੀ 'ਸਤਕਾਰ' ਦੇ ਵਾਸਤੇ ਕ੍ਰਿਆ 'ਜਾਣਹਿ 'ਬਹੁ ਵਚਨ ਵਿਚ ਹੈ; ਇਸ ਦਾ ਅਰਥ ਹੈ––'(ਗੁਰੂ ਅਮਰਦਾਸ ਜੀ) ਜਾਣਦੇ ਹਨ' ।

ਸਬਦਿ ਗੁਰ ਕੈ–ਗੁਰੂ ਦੇ ਸ਼ਬਦ ਦੀ ਰਾਹੀਂ ।

ਧਿਆਵਹੇ–ਕਵਿਤਾ ਵਿਚ ਛੰਦ ਦਾ ਖ਼ਿਆਲ ਰੱਖ ਕੇ ਇਹ ਲਫ਼ਜ਼ 'ਧਿਆਵਹਿ' ਦੀ ਅੰਤਲੀ (ਿ) ਨੂੰ (ੇ) ਕੀਤਾ ਗਿਆ ਹੈ; ਇਸੇ ਤਰ੍ਹਾਂ 'ਪਾਵਹੇ' ਲਫ਼ਜ਼ 'ਪਾਵਹਿ' ਤੋਂ ਹੈ । ਜਿਵੇਂ 'ਸਤਕਾਰ' ਵਾਸਤੇ ਉਪਰ ਲਫ਼ਜ਼ 'ਜਾਣਹਿ' ਆਇਆ ਹੈ, ਤਿਵੇਂ ਇਹ ਲਫ਼ਜ਼ 'ਧਿਆਵਹੇ' ਅਤੇ 'ਪਾਵਹੇ' ਹਨ; ਇਹਨਾਂ ਦਾ ਅਰਥ ਹੈ–(ਗੁਰੂ ਅਮਰਦਾਸ ਜੀ) ਧਿਆਉਂਦੇ ਹਨ, (ਗੁਰੂ ਅਮਰਦਾਸ ਜੀ) ਪ੍ਰਾਪਤ ਕਰਦੇ ਹਨ ।

ਪਰਸਾਦਿ–ਕਿਰਪਾ ਨਾਲ । ਪਰਸਾਦਿ ਨਾਨਕ–(ਗੁਰੂ) ਨਾਨਕ ਦੀ ਕ੍ਰਿਪਾ ਨਾਲ । ਪਰਸਾਦਿ ਨਾਨਕ ਗੁਰੂ ਅੰਗਦ–ਗੁਰੂ ਨਾਨਕ ਅਤੇ ਗੁਰੂ ਅੰਗਦ ਸਾਹਿਬ ਦੀ ਕਿਰਪਾ ਨਾਲ ।

ਹਕਾਰਾ—ਹਾਕ, ਸੱਦਾ। ਚਲਣਵਾਰਾ ਹਕਾਰਾ—ਚੱਲਣ ਦਾ ਸੱਦਾ।

ਅਰਥ :—ਜੋ ਅਕਾਲ ਪੁਰਖ ਜਗਤ ਵਿਚ (ਜੀਵਾਂ ਨੂੰ) ਦਾਤਾਂ ਬਖ਼ਸ਼ਣ ਵਾਲਾ ਹੈ, ਜੋ ਤਿੰਨਾਂ ਲੋਕਾਂ ਵਿਚ ਭਗਤੀ ਕਰਨ ਵਾਲਿਆਂ ਨੂੰ ਪਿਆਰ ਕਰਦਾ ਹੈ, (ਉਸ ਅਕਾਲ ਪੁਰਖ ਵਿਚ ਗੁਰੂ ਅਮਰਦਾਸ) ਸਤਿਗੁਰੂ ਦੇ ਸ਼ਬਦ ਦੀ ਰਾਹੀਂ ਲੀਨ (ਰਿਹਾ) ਹੈ, (ਅਤੇ ਉਸ ਤੋਂ ਬਿਨਾ) ਕਿਸੇ ਹੋਰ ਨੂੰ (ਉਸ ਵਰਗਾ)ਨਹੀਂ ਜਾਣਦਾ।

(ਗੁਰੂ ਅਮਰਦਾਸ ਜੀ) ਸਤਿਗੁਰੂ ਦੇ ਸ਼ਬਦਿ ਦੀ ਬਰਕਤਿ ਨਾਲ (ਅਕਾਲ ਪੁਰਖ ਤੋਂ ਬਿਨਾ) ਕਿਸੇ ਹੋਰ ਨੂੰ (ਉਸ ਵਰਗਾ) ਨਹੀਂ ਜਾਣਦੇ (ਰਹੇ) ਹਨ, ਕੇਵਲ ਇੱਕ 'ਨਾਮ' ਨੂੰ ਧਿਆਉਂਦੇ (ਰਹੇ)ਹਨ; ਗੁਰੂ ਨਾਨਕ ਅਤੇ ਗੁਰੂ ਅੰਗਦ ਦੇਵ ਜੀ ਦੀ ਕਿਰਪਾ ਨਾਲ ਉਹ ਉੱਚੇ ਦਰਜੇ ਨੂੰ ਪ੍ਰਾਪਤ ਕਰ ਚੁਕੇ ਹਨ।

(ਜਿਹੜਾ ਗੁਰੂ ਅਮਰਦਾਸ)ਅਕਾਲ ਪੁਰਖ ਦੇ ਨਾਮ ਵਿਚ ਲੀਨ ਸੀ,(ਧੁਰੋਂ) ਉਸ ਦੇ ਚੱਲਣ ਦਾ ਸੱਦਾ ਆ ਗਿਆ; (ਗੁਰੂ ਅਮਰਦਾਸ ਜੀ ਨੇ) ਜਗਤ ਵਿਚ (ਰਹਿੰਦਿਆਂ) ਅਮਰ, ਅਟੱਲ, ਅਤੋਲ ਠਾਕੁਰ ਨੂੰ ਭਗਤੀ ਦੀ ਰਾਹੀਂ ਪ੍ਰਾਪਤ ਕਰ ਲਿਆ ਹੋਇਆ ਸੀ।੧।

ਹਰਿ ਭਾਣਾ ਗੁਰ ਭਾਇਆ, ਗੁਰੁ ਜਾਵੈ ਹਰਿ ਪ੍ਰਭ ਪਾਸਿ ਜੀਉ ॥ ਸਤਿਗੁਰੁ ਕਰੇ ਹਰਿ ਪਹਿ ਬੇਨਤੀ, ਮੇਰੀ ਪੈਜ ਰਖਹੁ ਅਰਦਾਸਿ ਜੀਉ ॥ ਪੈਜ ਰਾਖਹੁ ਹਰਿ ਜਨਹ ਕੇਰੀ, ਹਰਿ ਦੇਹੁ ਨਾਮੁ ਨਿਰੰਜਨੋ ॥ ਅੰਤਿ ਚਲਦਿਆ ਹੋਇ ਬੇਲੀ, ਜਮਦੂਤ ਕਾਲੁ ਨਿਖੰਜਨੋ ॥ ਸਤਿਗੁਰੂ ਕੀ ਬੇਨਤੀ ਪਾਈ, ਹਰਿ ਪ੍ਰਭਿ ਸੁਣੀ ਅਰਦਾਸਿ ਜੀਉ ॥ ਹਰਿ ਧਾਰਿ ਕਿਰਪਾ ਸਤਿਗੁਰੁ ਮਿਲਾਇਆ, ਧਨੁ ਧਨੁ ਕਹੈ ਸਾਬਾਸਿ ਜੀਉ ॥ ੨ ॥ [੯੨੩]

ਪਦ ਅਰਥ :—ਹਰਿ ਭਾਣਾ—ਹਰੀ ਦਾ ਭਾਣਾ, ਅਕਾਲ ਪੁਰਖ ਦੀ ਰਜ਼ਾ। ਗੁਰ ਭਾਇਆ—ਗੁਰੂ (ਅਮਰਦਾਸ) ਨੂੰ ਮਿੱਠਾ ਲੱਗਾ। ਗੁਰੁ ਜਾਵੈ—ਗੁਰੂ (ਅਮਰਦਾਸ) ਜਾਂਦਾ ਹੈ, ਭਾਵ, ਜਾਣ ਨੂੰ ਤਿਆਰ ਹੋ ਪਿਆ। ਸਤਿਗੁਰੁ—ਗੁਰੂ ਅਮਰਦਾਸ।ਹਰਿ ਪਹਿ—ਹਰੀ ਦੇ ਪਾਸ। ਹਰਿ ਜਨਹ ਕੇਰੀ—ਹਰੀ ਦੇ ਦਾਸਾਂ ਦੀ। ਹਰਿ—ਹੇ ਹਰੀ ! ਅੰਤਿ—ਅੰਤ ਵੇਲੇ, ਅਖ਼ੀਰ ਦੇ ਸਮੇਂ। ਨਿਖੰਜਨੋ—ਨਾਸ ਕਰਨ ਵਾਲਾ। ਪਾਈ—ਕੀਤੀ ਹੋਈ। ਸਤਿਗੁਰੁ ਕੀ ਬੇਨਤੀ ਪਾਈ—ਗੁਰੂ ਅਮਰਦਾਸ ਜੀ ਦੀ ਕੀਤੀ ਹੋਈ ਬੇਨਤੀ। ਹਰਿ ਪ੍ਰਭਿ—ਹਰੀ ਪ੍ਰਭੂ ਨੇ। ਧਾਰਿ ਕਿਰਪਾ—ਕਿਰਪਾ ਕਰ ਕੇ। ਸਤਿਗੁਰੁ ਮਿਲਾਇਆ—ਗੁਰੂ (ਅਮਰਦਾਸ ਜੀ) ਨੂੰ (ਆਪਣੇ ਵਿਚ) ਮਿਲਾ ਲਿਆ। ਕਹੈ—(ਅਕਾਲਪੁਰਖ) ਕਹਿੰਦਾ ਹੈ।

ਨੋਟ :—ਇਥੇ 'ਵਰਤਮਾਨ ਕਾਲ' ਭੂਤ ਕਾਲ ਦੇ ਭਾਵ ਵਿਚ ਵਰਤਿਆ ਹੋਇਆ ਹੈ।

ਅਰਥ :—ਅਕਾਲ ਪੁਰਖ ਦੀ ਰਜ਼ਾ ਗੁਰੂ (ਅਮਰਦਾਸ ਜੀ) ਨੂੰ ਪਿਆਰੀ ਲੱਗੀ, ਅਤੇ ਸਤਿਗੁਰੂ (ਜੀ) ਅਕਾਲ ਪੁਰਖ ਦੇ ਕੋਲ ਜਾਣ ਨੂੰ ਤਿਆਰ ਹੋ ਪਏ । ਗੁਰੂ ਅਮਰਦਾਸ ਜੀ ਨੇ ਅਕਾਲ ਪੁਰਖ ਅੱਗੇ ਇਹ ਬੇਨਤੀ ਕੀਤੀ :—'(ਹੇ ਹਰੀ !) ਮੇਰੀ ਅਰਦਾਸਿ ਹੈ ਕਿ ਮੇਰੀ ਲਾਜ ਰੱਖ । ਹੇ ਹਰੀ ! ਆਪਣੇ ਸੇਵਕਾਂ ਦੀ ਲਾਜ ਰੱਖ, ਅਤੇ ਮਾਇਆ ਤੋਂ ਨਿਰਮੋਹ ਕਰਨ ਵਾਲਾ ਆਪਣਾ ਨਾਮ ਬਖ਼ਸ਼, ਜਮਦੂਤਾਂ ਅਤੇ ਕਾਲ ਨੂੰ ਨਾਸ ਕਰਨ ਵਾਲਾ ਨਾਮ ਦੇਹਿ, ਜੋ ਅਖ਼ੀਰ ਚੱਲਣ ਵੇਲੇ ਸਾਥੀ ਬਣੇ ।'

ਸਤਿਗੁਰੂ ਦੀ ਕੀਤੀ ਹੋਈ ਇਹ ਬੇਨਤੀ, ਇਹ ਅਰਦਾਸਿ, ਅਕਾਲ ਪੁਰਖ ਪ੍ਰਭੂ ਨੇ ਸੁਣ ਲਈ, ਅਤੇ ਮਿਹਰ ਕਰ ਕੇ ਉਸ ਨੇ ਗੁਰੂ ਅਮਰਦਾਸ ਜੀ ਨੂੰ (ਆਪਣੇ ਚਰਨਾਂ ਵਿਚ) ਜੋੜ ਲਿਆ ਅਤੇ ਕਹਿਣ ਲੱਗਾ,—ਸ਼ਾਬਾਸ਼ੇ ! ਤੂੰ ਧੰਨ ਹੈਂ, ਤੂੰ ਧੰਨ ਹੈਂ ।੨।

ਮੇਰੇ ਸਿਖ ਸੁਣਹੁ ਪੁਤ ਭਾਈਹੋ, ਮੇਰੈ ਹਰਿ ਭਾਣਾ ਆਉ ਮੈ ਪਾਸਿ ਜੀਉ ॥ ਹਰਿ ਭਾਣਾ ਗੁਰ ਭਾਇਆ, ਮੇਰਾ ਹਰਿ ਪ੍ਰਭੁ ਕਰੇ ਸਾਬਾਸਿ ਜੀਉ ॥ ਭਗਤੁ ਸਤਿਗੁਰੁ ਪੁਰਖੁ ਸੋਈ, ਜਿਸੁ ਹਰਿ ਪ੍ਰਭ ਭਾਣਾ ਭਾਵਏ ॥ ਆਨੰਦ ਅਨਹਦ ਵਜਹਿ ਵਾਜੇ, ਹਰਿ ਆਪਿ ਗਲਿ ਮੇਲਾਵਏ ॥ ਤੁਸੀ ਪੁਤ ਭਾਈ ਪਰਵਾਰੁ ਮੇਰਾ, ਮਨਿ ਵੇਖਹੁ ਕਰਿ ਨਿਰਜਾਸਿ ਜੀਉ ॥ ਧੁਰਿ ਲਿਖਿਆ ਪਰਵਾਣਾ ਫਿਰੈ ਨਾਹੀ, ਗੁਰੁ ਜਾਇ ਹਰਿ ਪ੍ਰਭ ਪਾਸਿ ਜੀਉ ॥ ੩ ॥ [੯੨੩]

ਪਦ ਅਰਥ :—ਮੇਰੇ ਸਿਖ ਪੁਤ ਭਾਈਹੋ—ਹੇ ਮੇਰੇ ਸਿੱਖੋ ! ਹੇ ਮੇਰੇ ਪੁੱਤ੍ਰੋ ! ਹੇ ਮੇਰੇ ਭਰਾਵੋ ! ਭਾਣਾ—ਭਾਇਆ ਹੈ, ਚੰਗਾ ਲੱਗਾ ਹੈ । ਮੇਰੈ ਹਰਿ ਭਾਣਾ—ਮੇਰੇ ਅਕਾਲ ਪੁਰਖ ਨੂੰ ਚੰਗਾ ਲੱਗਾ ਹੈ । ਮੈ ਪਾਸਿ—ਮੇਰੇ ਕੋਲ । ਹਰਿ ਭਾਣਾ—ਹਰੀ ਦਾ ਭਾਣਾ, ਅਕਾਲ ਪੁਰਖ ਦੀ ਰਜ਼ਾ । ਗੁਰ ਭਾਇਆ—ਗੁਰੂ ਨੂੰ ਮਿੱਠਾ ਲੱਗਾ ਹੈ । ਕਰੇ ਸਾਬਾਸਿ—ਸ਼ਾਬਾਸ਼ੇ ਆਖ ਰਿਹਾ ਹੈ । ਜਿਸੁ ਭਾਵਏ—ਜਿਸ ਨੂੰ ਮਿੱਠਾ ਲੱਗਦਾ ਹੈ । ਪ੍ਰਭ ਭਾਣਾ—ਪ੍ਰਭੂ ਦਾ ਭਾਣਾ । ਆਨੰਦ ਵਾਜੇ—ਆਨੰਦ ਦੇ ਵਾਜੇ । ਅਨਹਦ—ਇੱਕ-ਰਸ, ਲਗਾਤਾਰ । ਗਲਿ—ਗਲ ਵਿਚ । ਮਨਿ—ਮਨ ਵਿਚ । ਕਰਿ ਨਿਰਜਾਸਿ—ਨਿਰਨਾ ਕਰ ਕੇ । ਧੁਰਿ—ਧੁਰੋਂ, ਰੱਬ ਵੱਲੋਂ । ਪਰਵਾਣਾ—ਹੁਕਮ । ਫਿਰੈ ਨਾਹੀ—ਮੋੜਿਆ ਨਹੀਂ ਜਾ ਸਕਦਾ ।

ਅਰਥ :—ਹੇ ਮੇਰੇ ਸਿੱਖੋ ! ਹੇ ਮੇਰੇ ਪੁੱਤ੍ਰੋ ! ਹੇ ਮੇਰੇ ਭਰਾਵੋ ! ਸੁਣੋ—"ਮੇਰੇ ਅਕਾਲ ਪੁਰਖ ਨੂੰ (ਇਹ) ਚੰਗਾ ਲੱਗਾ ਹੈ (ਅਤੇ ਮੈਨੂੰ ਉਸ ਨੇ ਹੁਕਮ ਕੀਤਾ ਹੈ :—) 'ਮੇਰੇ ਕੋਲ ਆਉ' ।

"ਅਕਾਲ ਪੁਰਖ ਦੀ ਰਜ਼ਾ ਗੁਰੂ ਨੂੰ ਮਿੱਠੀ ਲੱਗੀ ਹੈ, ਮੇਰਾ ਪ੍ਰਭੂ (ਮੈਨੂੰ) ਸ਼ਾਬਾਸ਼

ਦੇ ਰਿਹਾ ਹੈ। ਉਹੀ (ਮਨੁੱਖ) ਭਗਤ ਹੈ ਤੇ ਪੂਰਾ ਗੁਰੂ ਹੈ ਜਿਸ ਨੂੰ ਰੱਬ ਦਾ ਭਾਣਾ ਮਿੱਠਾ ਲੱਗਦਾ ਹੈ; (ਉਸ ਦੇ ਅੰਦਰ) ਆਨੰਦ ਦੇ ਵਾਜੇ ਇੱਕ-ਰਸ ਵੱਜਦੇ ਹਨ, ਅਕਾਲ ਪੁਰਖ ਉਸ ਨੂੰ ਆਪ ਆਪਣੇ ਗਲ ਲਾਉਂਦਾ ਹੈ।

''ਤੁਸੀਂ ਮੇਰੇ ਪੁੱਤਰ ਹੋ, ਮੇਰੇ ਭਰਾ ਹੋ ਮੇਰਾ ਪਰਵਾਰ ਹੋ; ਮਨ ਵਿਚ ਕਿਆਸ ਕਰ ਕੇ ਵੇਖਹੁ, ਕਿ ਧੁਰੋਂ ਲਿਖਿਆ ਹੋਇਆ ਹੁਕਮ (ਕਦੇ) ਟਲ ਨਹੀਂ ਸਕਦਾ; (ਸੋ, ਇਸ ਵਾਸਤੇ, ਹੁਣ) ਗੁਰੂ, ਅਕਾਲ ਪੁਰਖ ਦੇ ਕੋਲ ਜਾ ਰਿਹਾ ਹੈ'' ।੩।

ਸਤਿਗੁਰਿ, ਭਾਣੈ ਆਪਣੈ; ਬਹਿ ਪਰਵਾਰੁ ਸਦਾਇਆ ॥ ਮਤ ਮੈ ਪਿਛੈ ਕੋਈ ਰੋਵਸੀ, ਸੋ ਮੈ ਮੂਲਿ ਨ ਭਾਇਆ ॥ ਮਿਤੁ ਪੈਝੈ, ਮਿਤੁ ਬਿਗਸੈ, ਜਿਸੁ ਮਿਤ ਕੀ ਪੈਜ ਭਾਵਏ ॥ ਤੁਸੀ ਵੀਚਾਰਿ ਦੇਖਹੁ ਪੁਤ ਭਾਈ, ਹਰਿ ਸਤਿਗੁਰੂ ਪੈਨਾਵਏ ॥ ਸਤਿਗੁਰੂ ਪਰਤਖਿ ਹੋਦੈ; ਬਹਿ ਰਾਜੁ ਆਪਿ ਟਿਕਾਇਆ ॥ ਸਭਿ ਸਿਖ ਬੰਧਪ ਪੁਤ ਭਾਈ, ਰਾਮਦਾਸ ਪੈਰੀ ਪਾਇਆ ॥ ੪ ॥ [੯੨੩]

ਪਦ ਅਰਥ :--ਸਤਿਗੁਰਿ–ਸਤਿਗੁਰੂ ਨੇ। ਭਾਣੈ ਆਪਣੈ–ਆਪਣੇ ਭਾਣੇ ਵਿਚ, ਆਪਣੀ ਮਰਜ਼ੀ ਨਾਲ। ਬਹਿ–ਬੈਠ ਕੇ। ਮੈ ਪਿਛੈ–ਮੇਰੇ ਪਿਛੋਂ। ਪੈਝੈ–ਮਾਣ ਪਾਂਦਾ ਹੈ। ਬਿਗਸੈ–ਖਿੜਦਾ ਹੈ, ਖ਼ੁਸ਼ ਹੁੰਦਾ ਹੈ। ਜਿਸੁ–ਜਿਸ (ਮਨੁੱਖ) ਨੂੰ। ਪੈਜ–ਲਾਜ, ਇੱਜ਼ਤ, ਵਡਿਆਈ। ਭਾਵਏ–ਭਾਉਂਦੀ ਹੈ, ਚੰਗੀ ਲੱਗਦੀ ਹੈ। ਵੀਚਾਰਿ–ਵਿਚਾਰ ਕੇ। ਪੁਤ ਭਾਈ–ਹੇ ਮੇਰੇ ਪੁਤਰੋ ਤੇ ਭਰਾਵੋ ! ਸਤਿਗੁਰੂ–ਗੁਰੂ ਨੂੰ। ਪੈਨਾਵਏ–ਸਿਰੋਪਾ ਦੇ ਰਿਹਾ ਹੈ, ਆਦਰ ਦੇ ਰਿਹਾ ਹੈ। ਪਰਤਖਿ ਹੋਦੈ–ਪਰਤੱਖ ਹੁੰਦਿਆਂ, ਇਸ ਸਰੀਰ ਵਿਚ ਹੁੰਦਿਆਂ, ਜੀਉਂਦਿਆਂ ਹੀ। ਰਾਜੁ–ਗੁਰਿਆਈ ਦਾ ਰਾਜ, ਗੁਰਿਆਈ ਦੀ ਗੱਦੀ। ਟਿਕਾਇਆ–ਥਾਪ ਦਿੱਤਾ। ਬੰਧਪ–ਸਾਕ-ਅੰਗ। ਰਾਮਦਾਸ ਪੈਰੀ–ਗੁਰੂ ਰਾਮਦਾਸ ਜੀ ਦੇ ਪੈਰਾਂ ਉਤੇ।

ਅਰਥ :–ਗੁਰੂ (ਅਮਰਦਾਸ ਜੀ) ਨੇ ਬੈਠ ਕੇ ਆਪਣੀ ਮਰਜ਼ੀ ਨਾਲ (ਸਾਰੇ) ਪਰਵਾਰ ਨੂੰ ਸੱਦ ਘੱਲਿਆ; (ਤੇ ਆਖਿਆ–) 'ਮਤਾਂ ਮੇਰੇ ਪਿਛੋਂ ਕੋਈ ਰੋਵੇ, ਮੈਨੂੰ ਉਹ (ਰੋਣ ਵਾਲਾ) ਉੱਕਾ ਹੀ ਚੰਗਾ ਨਹੀਂ ਲੱਗਣਾ। ਜਿਸ ਮਨੁੱਖ ਨੂੰ ਆਪਣੇ ਮਿਤ੍ਰ ਦੀ ਵਡਿਆਈ (ਹੁੰਦੀ) ਚੰਗੀ ਲੱਗਦੀ ਹੈ, ਉਹ ਖ਼ੁਸ਼ ਹੁੰਦਾ ਹੈ (ਜਦੋਂ) ਉਸ ਦੇ ਮਿਤ੍ਰ ਨੂੰ ਆਦਰ ਮਿਲਦਾ ਹੈ। ਤੁਸੀ ਭੀ, ਹੇ ਮੇਰੇ ਪੁਤਰੋ ਤੇ ਭਰਾਵੋ ! (ਹੁਣ) ਵਿਚਾਰ ਕੇ ਵੇਖ ਲਵੋ ਕਿ ਅਕਾਲ ਪੁਰਖ ਗੁਰੂ ਨੂੰ ਆਦਰ ਦੇ ਰਿਹਾ ਹੈ(ਇਸ ਵਾਸਤੇ ਤੁਸੀ ਭੀ ਖ਼ੁਸ਼ ਹੋਵੋ)।'

(ਇਹ ਉਪਦੇਸ਼ ਦੇ ਕੇ, ਫਿਰ) ਗੁਰੂ (ਅਮਰਦਾਸ ਜੀ) ਨੇ ਸਰੀਰਕ ਜਾਮੇ ਵਿਚ ਹੁੰਦਿਆਂ ਹੀ ਬੈਠ ਕੇ ਆਪ ਗੁਰਿਆਈ ਦੀ ਗੱਦੀ (ਭੀ)ਥਾਪ ਦਿੱਤੀ,(ਅਤੇ) ਸਾਰੇ ਸਿੱਖਾਂ

ਨੂੰ, ਸਾਕਾਂ-ਅੰਗਾਂ ਨੂੰ, ਪੁਤ੍ਰਾਂ ਨੂੰ, ਅਤੇ ਭਰਾਵਾਂ ਨੂੰ (ਗੁਰੂ) ਰਾਮਦਾਸ ਜੀ ਦੀ ਚਰਨੀਂ ਲਾ ਦਿੱਤਾ। ੪।

ਅੰਤੇ ਸਤਿਗੁਰੁ ਬੋਲਿਆ, ਮੈ ਪਿਛੈ ਕੀਰਤਨੁ ਕਰਿਅਹੁ ਨਿਰਬਾਣੁ ਜੀਉ ॥ ਕੇਸੋ ਗੋਪਾਲ ਪੰਡਿਤ ਸਦਿਅਹੁ, ਹਰਿ ਹਰਿ ਕਥਾ ਪੜਹਿ ਪੁਰਾਣੁ ਜੀਉ ॥ ਹਰਿ ਕਥਾ ਪੜੀਐ, ਹਰਿ ਨਾਮੁ ਸੁਣੀਐ, ਬੇਬਾਣੁ, ਹਰਿ ਰੰਗੁ ਗੁਰ ਭਾਵਏ ॥ ਪਿੰਡੁ ਪਤਲਿ ਕਿਰਿਆ ਦੀਵਾ ਫੁਲ, ਹਰਿ ਸਰਿ ਪਾਵਏ ॥ ਹਰਿ ਭਾਇਆ ਸਤਿਗੁਰੁ ਬੋਲਿਆ, ਹਰਿ ਮਿਲਿਆ ਪੁਰਖੁ ਸੁਜਾਣੁ ਜੀਉ ॥ ਰਾਮਦਾਸ ਸੋਢੀ ਤਿਲਕੁ ਦੀਆ, ਗੁਰਸਬਦੁ ਸਚੁ ਨੀਸਾਣੁ ਜੀਉ ॥ ੫ ॥ [੯੨੩]

ਪਦ ਅਰਥ :–ਅੰਤੇ–ਅਖ਼ੀਰ ਦੇ ਵੇਲੇ, ਜੋਤੀ ਜੋਤਿ ਸਮਾਣ ਵੇਲੇ। ਨਿਰਬਾਣੁ ਕੀਰਤਨੁ–ਨਿਰਾ ਕੀਰਤਨ, ਨਿਰੋਲ ਕੀਰਤਨ। ਕਰਿਅਹੁ–ਤੁਸੀ ਕਰਿਓ। ਹਰਿ ਰੰਗੁ–ਅਕਾਲ ਪੁਰਖ ਦਾ ਪਿਆਰ। ਗੁਰ ਭਾਵਏ–ਗੁਰੂ ਨੂੰ ਚੰਗਾ ਲੱਗਦਾ ਹੈ। ਹਰਿ ਸਰਿ–ਹਰੀ ਦੇ ਸਰ ਵਿਚ, ਅਕਾਲ ਪੁਰਖ ਦੇ ਸਰੋਵਰ ਵਿਚ। ਪਾਵਏ–(ਗੁਰੁ) ਪਾਵਏ, ਗੁਰੂ ਪਾਂਦਾ ਹੈ।

ਨੋਟ–ਇਸ ਪਉੜੀ ਦੇ ਅਰਥ ਸੰਬੰਧੀ ਕਈ ਕਿਸਮ ਦੇ ਖ਼ਿਆਲ ਪਰਗਟ ਕੀਤੇ ਜਾ ਰਹੇ ਹਨ, ਪਰ ਅਸੀ ਜਿਵੇਂ ਪਿਛਲੀਆਂ ਚਾਰ ਪਉੜੀਆਂ ਨੂੰ ਲਫ਼ਜ਼ਾਂ ਦੀ ਬਨਾਵਟ ਅਤੇ ਉਹਨਾਂ ਦੇ ਪਰਸਪਰ ਵਿਆਕਰਨਿਕ ਸੰਬੰਧ ਅਨੁਸਾਰ ਵਿਚਾਰ ਆਏ ਹਾਂ, ਉਸੇ ਤਰ੍ਹਾਂ ਇਥੇ ਭੀ ਕੇਵਲ ਇਹਨਾਂ ਹੀ ਦੋ ਧੁਰਿਆਂ ਨੂੰ ਸਾਹਮਣੇ ਰੱਖ ਕੇ ਵਿਚਾਰ ਕਰਾਂਗੇ। ਇਸ ਗੱਲ ਦਾ ਖ਼ਿਆਲ ਨਹੀਂ ਕੀਤਾ ਜਾਇਗਾ ਕਿ ਇਹ ਅਰਥ ਕਿਸੇ ਸੱਜਣ ਜਾਂ ਸੱਜਣਾਂ ਦੀ ਮਿਥੀ ਹੋਈ 'ਗੁਰਮਤਿ' ਦੇ ਅਨੁਸਾਰ ਹੈ ਜਾਂ ਉਸ ਦੇ ਵਿਰੁੱਧ।

ਇਸ ਪਉੜੀ ਵਿਚ ਖ਼ਾਸ ਵਿਚਾਰ-ਜੋਗ ਹੇਠ-ਲਿਖੇ ਚਾਰ ਲਫ਼ਜ਼ ਹਨ :–

(੧) ਪੰਡਿਤ, (੨) ਪੜਹਿ, (੩) ਹਰਿਸਰਿ, (੪) ਪਾਵਏ। ਸੋ, ਆਓ, ਵਾਰੋ ਵਾਰੀ ਇਹਨਾਂ ਦੇ ਵਿਚਾਰ ਕਰੀਏ।

(੨) ਪੰਡਿਤ :–ਜੋ ਵਿਆਕਰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਵਰਤਿਆ ਪ੍ਰਤੱਖ ਮਿਲਦਾ ਹੈ, ਉਸ ਦੇ ਆਧਾਰ ਤੇ

ਲਫ਼ਜ਼ 'ਪੰਡਿਤ' (੧) ਕਰਤਾ ਕਾਰਕ ਬਹੁ ਵਚਨ ਹੈ,

(੨) ਕਿਤੇ 'ਸੰਬੋਧਨ' ਭੀ ਹੋ ਜਾਂਦਾ ਹੈ।

ਅਤੇ

ਲਫ਼ਜ਼ 'ਪੰਡਿਤੁ' (੧) ਕਰਤਾ ਕਾਰਕ, **ਇਕ ਵਚਨ ਹੈ।**

(੨) ਕਰਮ ਕਾਰਕ, **ਇਕ ਵਚਨ** ਭੀ।

ਇਸ ਨਿਯਮ ਨੂੰ ਪਰਖਣ ਵਾਸਤੇ ਗੁਰਬਾਣੀ ਵਿਚ ਵਰਤੇ ਹੋਏ ਲਫ਼ਜ਼ 'ਪੰਡਿਤ' ਪੜਤਾਲੀਏ :-

(ੳ) ਕਰਤਾ ਕਾਰਕ, ਇੱਕ ਵਚਨ :-

(੧) ਪੜਿ ਪੜਿ 'ਪੰਡਿਤੁ' ਬਾਦੁ ਵਖਾਣੈ ॥
ਭੀਤਰਿ ਹੋਦੀ ਵਸਤੁ ਨ ਜਾਣੈ ॥ ੩ ॥ ੪ ॥

ਗਉੜੀ ਮ: ੧ ॥

(੨) 'ਪੰਡਿਤੁ' ਸਾਸਤ ਸਿਮ੍ਰਿਤਿ ਪੜਿਆ ॥
ਜੋਗੀ ਗੋਰਖੁ ਗੋਰਖੁ ਕਰਿਆ ॥ ੧ ॥ ੧ ॥ ੨੯ ॥

ਗਉੜੀ ਗੁਆਰੇਰੀ ਮ: ੪ ॥

(੩) ਹਉ 'ਪੰਡਿਤੁ' ਹਉ ਚਤੁਰੁ ਸਿਆਣਾ ॥
ਕਰਣੈਹਾਰੁ ਨ ਬੁਝੈ ਬਿਗਾਨਾ ॥ ੩ ॥ ੯ ॥ ੭੮ ॥

ਗਉੜੀ ਗੁਆਰੇਰੀ ਮ: ੫ ॥

(੪) ਨਹ 'ਪੰਡਿਤੁ' ਨਹ ਚਤੁਰੁ ਸਿਆਨਾ ॥
ਨਹ ਭੂਲੋ ਨਹ ਭਰਮਿ ਭੁਲਾਨਾ ॥ ੮ ॥ ੧ ॥

ਗਉੜੀ ਮ: ੧ ਅਸਟਪਦੀਆਂ ॥

(੫) ਮਾਇਆ ਕਾ ਮੁਹਤਾਜੁ 'ਪੰਡਿਤੁ' ਕਹਾਵੈ ॥੪॥੪॥

ਗਉੜੀ ਮ: ੩ ਅਸਟਪਦੀਆਂ ॥

(੬) ਸੋ 'ਪੰਡਿਤੁ' ਜੋ ਮਨੁ ਪਰਬੋਧੈ ॥......
ਸੋ 'ਪੰਡਿਤੁ' ਫਿਰਿ ਜੋਨਿ ਨ ਆਵੈ ॥ ੪ ॥ ੯ ॥

ਸੁਖਮਨੀ ਮ: ੫ ॥

(੭) ਨਾ ਕੋ ਪੜਿਆ 'ਪੰਡਿਤੁ' ਬੀਨਾ ॥
ਨਾ ਕੋ ਮੂਰਖੁ ਮੰਦਾ ॥ ੪ ॥ ੨ ॥ ੩੬ ॥

ਆਸਾ ਮ: ੧ ॥

(੮) ਙੰਙੈ ਙਿਆਨੁ ਬੂਝੈ ਜੇ ਕੋਈ
ਪੜਿਆ 'ਪੰਡਿਤੁ' ਸੋਈ ॥ ੪ ॥

ਆਸਾ ਮ: ੧, ਪਟੀ ਲਿਖੀ ॥

(੯) ਸੋ ਪੜਿਆ ਸੋ 'ਪੰਡਿਤੁ' ਬੀਨਾ

ਗੁਰ ਸਬਦਿ ਕਰੇ ਵੀਚਾਰੁ ॥
ਅੰਦਰੁ ਖੋਜੈ ਤਤੁ ਲਹੈ ਪਾਏ ਮੋਖਦੁਆਰੁ ॥੨॥ ੨੧॥

ਸੋਰਠਿ ਕੀ ਵਾਰ ॥

(੧੦) 'ਪੰਡਿਤੁ' ਹੋਇ ਕੈ ਬੇਦੁ ਬਖਾਨੈ ॥
ਮੂਰਖੁ ਨਾਮਦੇਉ ਰਾਮਹਿ ਜਾਨੈ ॥ ੨ ॥ ੧ ॥

ਟੋਡੀ ਨਾਮਦੇਉ ਜੀ ॥

(੧੧) ਸਚੀ ਪਟੀ ਸਚੁ ਮਨਿ ਪੜੀਐ ਸਬਦੁ ਸੁ ਸਾਰੁ ॥
ਨਾਨਕ ਸੋ ਪੜਿਆ ਸੋ 'ਪੰਡਿਤੁ' ਬੀਨਾ
ਜਿਸੁ ਰਾਮ ਨਾਮੁ ਗਲਿ ਹਾਰੁ ॥ ੫੪ ॥ ੧ ॥

ਓਅੰਕਾਰੁ ਮ: ੧ ॥

(੧੨) ਸੋ 'ਪੰਡਿਤੁ' ਗੁਰ ਸਬਦੁ ਕਮਾਇ ॥
ਤ੍ਰੈਗੁਣ ਕੀ ਓਸੁ ਉਤਰੀ ਮਾਇ ॥੪॥੬॥੧੭॥

ਰਾਮਕਲੀ ਮ: ੫ ॥

(੧੩) 'ਪੰਡਿਤੁ' ਆਖਾਏ ਬਹੁਤੀ ਰਾਹੀ
ਕੋਰੜ ਮੋਠ ਜਿਨੇਹਾ ॥
ਅੰਦਰਿ ਮੋਹੁ ਨਿਤ ਭਰਮਿ ਵਿਆਪਿਆ
ਤਿਸਟਸਿ ਨਾਹੀ ਦੇਹਾ ॥ ੨ ॥ ੭ ॥

ਰਾਮਕਲੀ ਕੀ ਵਾਰ ਮ: ੫ ॥

(੧੪) 'ਪੰਡਿਤੁ' ਪੜਿ ਨ ਪਹੁਚਈ ਬਹੁ ਆਲ ਜੰਜਾਲਾ ॥
ਪਾਪ ਪੁੰਨ ਦੁਇ ਸੰਗਮ ਖੁਧਿਆ ਜਮਕਾਲਾ ॥ ੪ ॥ ੬ ॥

ਮਾਰੂ ਮ: ੧ ਅਸਟਪਦੀਆਂ ॥

(੧੫) ਪੜਿ 'ਪੰਡਿਤੁ' ਅਵਰਾ ਸਮਝਾਏ ॥
ਘਰ ਜਲਤੇ ਕੀ ਖਬਰਿ ਨ ਪਾਏ ॥
ਬਿਨੁ ਸਤਿਗੁਰ ਸੇਵੇ ਨਾਮੁ ਨ ਪਾਈਐ
ਪੜਿ ਥਾਕੇ ਸਾਂਤਿ ਨ ਆਈ ਹੇ ॥ ੫ ॥ ੩ ॥

ਮਾਰੂ ਮ: ੩ ਸੋਲਹੇ ॥

(੧੬) ਹੋਵਾ 'ਪੰਡਿਤੁ' ਜੋਤਕੀ
ਵੇਦ ਪੜਾ ਮੁਖਿ ਚਾਰਿ ॥
ਨਵ ਖੰਡ ਮਧੇ ਪੂਜੀਆ

ਅਪਣੈ ਚਜਿ ਵੀਚਾਰਿ ॥ ੧ ॥ ੧੧ ॥

ਮਾਰੂ ਕੀ ਵਾਰ ਮ: ੩ ॥

(੧੭) ਜੇ ਤੂੰ ਪੜਿਆ 'ਪੰਡਿਤੁ' ਬੀਨਾ
ਦੁਇ ਅਖਰ ਦੁਇ ਨਾਵਾ ॥
ਪ੍ਰਣਵਤਿ ਨਾਨਕੁ ਏਕੁ ਲੰਘਾਏ
ਜੇਕਰਿ ਸਚਿ ਸਮਾਵਾ ॥੩॥੨॥੧੦॥

ਬਸੰਤ ਹਿੰਡੋਲ ਮ: ੧ ॥

(੧੮) ਪਵਣੈ ਪਾਣੀ ਜਾਣੈ ਜਾਤਿ ॥
ਕਾਇਆ ਅਗਨਿ ਕਰੇ ਨਿਭਰਾਂਤਿ ॥
ਜੰਮਹਿ ਜੀਅ ਜਾਣੈ ਜੇ ਥਾਉ ॥
ਸੁਰਤਾ 'ਪੰਡਿਤੁ' ਤਾ ਕਾ ਨਾਉ ॥ ੧ ॥ ੧ ॥ ੬ ॥

ਮਲਾਰ ਮਹਲਾ ੧ ਘਰੁ ੨ ॥

(੧੯) ਭੇਖਾਰੀ ਤੇ ਰਾਜੁ ਕਰਾਵੈ
ਰਾਜਾ ਤੇ ਭੇਖਾਰੀ ॥
ਖਲ ਮੂਰਖ ਤੇ 'ਪੰਡਿਤੁ' ਕਰਿਬੋ
ਪੰਡਿਤ ਤੇ ਮੁਗਧਾਰੀ ॥ ੩ ॥ ੨ ॥

ਸਾਰੰਗ ਕਬੀਰ ਜੀ ॥

(੨੦) ਸੋਈ ਚਤੁਰੁ ਸਿਆਣਾ 'ਪੰਡਿਤੁ'
ਸੋ ਸੂਰਾ ਸੋ ਦਾਨਾ ॥
ਸਾਧ ਸੰਗਿ ਜਿਨਿ ਹਰਿ ਹਰਿ ਜਪਿਓ
ਨਾਨਕ ਸੋ ਪਰਵਾਨਾ ॥ ੨ ॥ ੬੭ ॥ ੯੦ ॥

ਸਾਰੰਗ ਮ: ੫ ॥

(੨੧) ਹੋਵਾ ਪੰਡਿਤੁ' ਜੋਤਕੀ
ਵੇਦ ਪੜਾ ਮੁਖਿ ਚਾਰਿ ॥
ਨਵਾ ਖੰਡਾ ਵਿਚਿ ਜਾਣੀਆ
ਅਪਨੇ ਚਜ ਵੀਚਾਰ ॥ ੩ ॥

ਸਲੋਕ ਮ: ੩, ਵਾਰਾਂ ਤੇ ਵਧੀਕ ॥

(੨੨) ਨਾਉ ਫਕੀਰੈ ਪਾਤਿਸਾਹੁ
ਮੂਰਖ 'ਪੰਡਿਤੁ' ਨਾਉ ॥

ਅੰਧੇ ਕਾ ਨਾਉ ਪਾਰਖੂ
ਏਵੈ ਕਰੇ ਗੁਆਉ ॥ ੧ ॥ ੧੨ ॥

ਮ: ੧ ਮਲਾਰ ਕੀ ਵਾਰ ॥

(੨੩) ਸੋ ਪੜਿਆ ਸੋ 'ਪੰਡਿਤੁ' ਬੀਨਾ
ਜਿਨ੍ਹੀ ਕਮਾਣਾ ਨਾਉ ॥ ੨ ॥ ੨੨ ॥

ਮ: ੧ ਮਲਾਰ ਕੀ ਵਾਰ ॥

(੨੪) ਸੋ 'ਪੰਡਿਤੁ' ਜੋ ਤਿਹਾਂ ਗੁਣਾਂ ਕੀ ਪੰਡ ਉਤਾਰੈ ॥
ਅਨਦਿਨੁ ਏਕੋ ਨਾਮੁ ਵਖਾਣੈ ॥......
ਸਦਾ ਅਲਗੁ ਰਹੈ ਨਿਰਬਾਣੁ ॥
ਸੋ 'ਪੰਡਿਤੁ' ਦਰਗਹ ਪਰਵਾਣੁ ॥੩॥੧॥੧੭॥

ਮਲਾਰ ਮ: ੩ ਘਰੁ ੨ ॥

(ਅ) ਕਰਤਾ ਕਾਰਕ, ਬਹੁ ਵਚਨ

(੧) ਗਾਵਨਿ'ਪੰਡਿਤ'ਪੜਨਿ ਰਖੀਸਰ ਜੁਗੁ ਜੁਗੁ ਵੇਦਾ ਨਾਲੇ॥੨੭॥

ਜਪੁ ॥ ਮ: ੧॥

(੨) ਗਾਵਨਿ ਤੁਧਨੋ 'ਪੰਡਿਤ' ਪੜਨਿ ਰਖੀਸੁਰ
ਜੁਗ ਜੁਗ ਵੇਦਾ ਨਾਲੇ ॥

ਸੋਦਰ ਆਸਾ ਮ: ੧ ॥

(੩) ਪੜਿ ਪੜਿ 'ਪੰਡਿਤ' ਜੋਤਕੀ
ਵਾਦ ਕਰਹਿ ਬੀਚਾਰੁ ॥ ੩ ॥ ੩ ॥ ੩੬ ॥

ਸਿਰੀ ਰਾਗੁ ਮ: ੩ ॥

(੪) 'ਪੰਡਿਤ' ਵਾਚਹਿ ਪੋਥੀਆ ਨਾ ਬੂਝਹਿ ਵੀਚਾਰੁ ॥ ੬ ॥

(੫) ਕੇਤੇ 'ਪੰਡਿਤ' ਜੋਤਕੀ ਬੇਦਾ ਕਰਹਿ ਬੀਚਾਰੁ ॥੭॥੫॥

ਸਿਰੀ ਰਾਗੁ ਮ: ੧ ਅਸਟਪਦੀਆਂ ।

(੬) ਪੜਿ ਪੜਿ 'ਪੰਡਿਤ' ਮੋਨੀ ਥਕੇ
ਦੂਜੈ ਭਾਇ ਪਤਿ ਖੋਈ ॥੭॥੧੭॥੮॥੨੫॥

ਸਿਰੀ ਰਾਗੁ ਮ: ੫ ਅਸਟਪਦੀਆਂ ॥

(੭) 'ਪੰਡਿਤ' ਪੜਹਿ ਸਾਦੁ ਨ ਪਾਵਹਿ ॥੨॥੧੨॥੧੩ ॥

ਮਾਝ ਮ: ੩ ॥

(੮) ਪੜਿ ਪੜਿ 'ਪੰਡਿਤ' ਮੋਨੀ ਥਕੇ

ਚਉਥੇ ਪਦ ਕੀ ਸਾਰ ਨ ਪਾਵਣਿਆ ॥੫॥੧੨॥੧੩॥

ਮਾਝ ਮ: ੩ ॥

(੯) ਮਨਮੁਖ ਪੜਹਿ 'ਪੰਡਿਤ' ਕਹਾਵਹਿ ॥ ੧ ॥ ੩੦ ॥ ੩੧ ॥

ਮਾਝ ਮਹਲਾ ੩ ॥

(੧੦) 'ਪੰਡਿਤ' ਪੜਹਿ ਵਖਾਣਹਿ ਵੇਦ ॥ ੪ ॥ ੨੧ ॥

ਆਸਾ ਮਹਲਾ ੧ ॥

(੧੧) 'ਪੰਡਿਤ' ਪਾਧੇ ਜੋਇਸੀ ਨਿਤ ਪੜਹਿ ਪੁਰਾਣਾ ॥ ੪ ॥ ੧੪ ॥

ਆਸਾ ਮਹਲਾ ੩, ਅਸਟਪਦੀਆ

(੧੨) 'ਪੰਡਿਤ ਪੜਦੇ ਜੋਤਿਕੀ ਤਿਨ ਬੂਝ ਨ ਪਾਇ ॥੨॥ ੫ ॥ ੨੭ ॥

(੧੩) ਪੜਿ ਪੜਿ 'ਪੰਡਿਤ' ਮੋਨੀ ਥਾਕੇ

ਭੇਖੀ ਮੁਕਤਿ ਨ ਪਾਈ ॥ ੩ ॥ ੧ ॥ ੬ ॥

ਆਸਾ ਮਹਲਾ ੩, ਛੰਤ, ਘਰੁ ੧ ॥

(੧੪) ਮੂਰਖ 'ਪੰਡਿਤ' ਹਿਕਮਤਿ ਹੁਜਤਿ

ਸੰਜੈ ਕਰਹਿ ਪਿਆਰੁ ॥ ੨ ॥ ੧੧ ॥

ਆਸਾ ਦੀ ਵਾਰ ॥

(੧੫) 'ਪੰਡਿਤ' ਭੁਲਿ ਭੁਲਿ ਮਾਇਆ ਵੇਖਹਿ,

ਦਿਖਾ ਕਿਨੈ ਕਿਹੁ ਆਣਿ ਚੜਾਇਆ ॥ ੨ ॥ ੧੨ ॥

ਗੁਜਰੀ ਕੀ ਵਾਰ ਮਹਲਾ ੩ ॥

(੧੬) ਪੜਿ ਪੜਿ ਪੰਡਿਤ' ਵਾਦੁ ਵਖਾਣਹਿ

ਬਿਨੁ ਬੂਝੇ ਸੁਖੁ ਨ ਹੋਈ ॥ ੨ ॥ ੪ ॥

ਵਡਹੰਸੁ ਮਹਲਾ ੩ ਛੰਤ ॥

(੧੭) 'ਪੰਡਿਤ ਜੋਤਕੀ ਸਭਿ ਪੜਿ ਪੜਿ ਕੂਕਦੇ

ਕਿਸੁ ਪਹਿ ਕਰਹਿ ਪੁਕਾਰਾ ਰਾਮ ॥ ੩ ॥ ੫ ॥

ਵਡਹੰਸੁ ਮਹਲਾ ੩ ਛੰਤ ॥

(੧੮) ਘਰਿ ਘਰਿ ਪੜਿ ਪੜਿ 'ਪੰਡਿਤ' ਥਕੇ

ਸਿਧ ਸਮਾਧਿ ਲਗਾਇ ॥ ੨ ॥ ੬ ॥

ਸੋਰਠਿ ਕੀ ਵਾਰ ॥

(੧੯) 'ਪੰਡਿਤ ਮੈਲੁ' ਨ ਚੁਕਈ ਜੇ ਵੇਦ ਪੜੈ ਜੁਗ ਚਾਰਿ ॥
(ਪੰਡਿਤ ਮੈਲੁ,–ਪੰਡਿਤ ਦੀ ਮੈਲ ॥)
'ਪੰਡਿਤ' ਭੂਲੇ ਦੂਜੈ ਲਾਗੇ ਮਾਇਆ ਕੈ ਵਾਪਾਰਿ ॥੧॥੧੩॥

ਸੋਰਠਿ ਕੀ ਵਾਰ ॥

(੨੦) ਬੇਦ ਪੜੇ ਪੜਿ 'ਪੰਡਿਤ' ਮੂਏ
ਰੂਪ ਦੇਖਿ ਦੇਖਿ ਨਾਰੀ ॥੩॥੧॥

ਸੋਰਠਿ ਕਬੀਰ ਜੀ ॥

(੨੧) ਕਾਲ ਗ੍ਰਸਤ ਸਭ ਲੋਗ ਸਿਆਨੇ
ਉਠਿ 'ਪੰਡਿਤ' ਪੈ ਚਲੇ ਨਿਰਾਸਾ ॥੧॥੩॥

ਸੋਰਠਿ ਕਬੀਰ ਜੀ ॥

(੨੨) 'ਪੰਡਿਤ' ਪਾਧੇ ਆਣਿ ਪਤੀ
ਬਹਿ ਵਾਚਾਈਆ ਬਲਿਰਾਮ ਜੀਉ ॥੪॥੧॥

ਸੂਹੀ ਮ: ੪ ਛੰਤ ਘਰੁ ੧ ॥

(੨੩) ਪੜ੍ਹਿ ਪੜ੍ਹਿ 'ਪੰਡਿਤ' ਕਰਹਿ ਬੀਚਾਰ ॥੧॥੧੭॥

ਮ: ੧, ਸੂਹੀ ਕੀ ਵਾਰ ॥

(੨੪) 'ਪੰਡਿਤ' ਪੜਿ ਪੜਿ ਮੋਨੀ ਭੁਲੇ
ਦੂਜੈ ਭਾਇ ਚਿਤੁ ਲਾਇਆ ॥੧॥੮॥

ਮ: ੩, ਬਿਲਾਵਲ ਕੀ ਵਾਰ ਮ: ੪ ॥

(੨੫) 'ਪੰਡਿਤ' ਰੋਵਹਿ ਗਿਆਨੁ ਗਵਾਇ ॥੧॥੧੪॥

. ਮ: ੧, ਰਾਮਕਲੀ ਕੀ ਵਾਰ ਮ: ੩ ॥

(੨੬) 'ਪੰਡਿਤ' ਪੜਦੇ ਜੋਤਕੀ ਨ ਬੂਝਹਿ ਬੀਚਾਰਾ ॥ ੪ ॥

ਰਾਮਕਲੀ ਕੀ ਵਾਰ ਮ: ੩ ।

(੨੭) 'ਪੰਡਿਤ' ਪੜਹਿ ਪੜਿ ਵਾਦੁ ਵਖਾਣਹਿ
ਤਿੰਨਾ ਬੂਝ ਨ ਪਾਈ ॥ ੧੮ ॥

ਰਾਮਕਲੀ ਮ: ੩, ਅਸਟਪਦੀਆਂ ॥

(੨੮) ਇਕ ਪਾਧੇ 'ਪੰਡਿਤ' ਮਿਸਰ ਕਹਾਵਹਿ ॥ ੭ ॥ ੪ ॥

ਰਾਮਕਲੀ ਮਹਲਾ ੧ ਅਸਟਪਦੀਆਂ ॥

(੨੯) ਪੋਥੀ 'ਪੰਡਿਤ' ਰਹੇ ਪੁਰਾਣ ॥ ੭ ॥ ੧ ॥

ਰਾਮਕਲੀ ਮਹਲਾ ੧ ਅਸਟਪਦੀਆਂ ॥

(੩੦) ਹਮ ਬਡ ਕਬਿ ਕੁਲੀਨ

ਹਮ 'ਪੰਡਿਤ' ਹਮ ਜੋਗੀ ਸੰਨਿਆਸੀ ॥ ੨ ॥ ੧ ॥

ਰਾਮਕਲੀ ਰਵਿਦਾਸ ਜੀ ॥

(੩੧) ਬਾਹਰਹੁ 'ਪੰਡਿਤ' ਸਦਾਇਦੇ

ਮਨਹੁ ਮੂਰਖ ਗਾਵਾਰ ॥੧॥੧੬॥

ਮਾਰੂ ਕੀ ਵਾਰ ਮਹਲਾ ੩ ॥

(੩੨) ਜੋਗੀ ਗ੍ਰਿਹੀ 'ਪੰਡਿਤ' ਭੇਖਧਾਰੀ ॥ ੧ ॥ ੨ ॥

ਭੈਰਉ ਮ:੩ ॥

(੩੩) 'ਪੰਡਿਤ' ਜਨ ਮਾਤੇ ਪੜ੍ਹਿ ਪੁਰਾਨ ॥ ੧ ॥ ੨ ॥

ਬਸੰਤ ਕਬੀਰ ਜੀ ॥

(੩੪) ਪੰਡਿਤ' ਮੋਨੀ ਪੜਿ ਪੜਿ ਥਕੇ

ਭੇਖ ਥਕੇ ਤਨੁ ਧੋਇ ॥ ੨ ॥ ੩੩ ॥

ਮਹਲਾ ੩ ਸਾਰੰਗ ਕੀ ਵਾਰ ॥

(੩੫) ਪੜਿ ਪੜਿ 'ਪੰਡਿਤ' ਮੋੁਨੀ ਥਕੇ

ਮਾਇਆ ਮੋਹ ਸੁਆਇ ॥੧॥੩੧॥

ਮ: ੩ ਸਾਰੰਗ ਕੀ ਵਾਰ ॥

(੩੬) ਪੜਿ ਪੜਿ 'ਪੰਡਿਤ' ਵਾਦੁ ਵਖਾਣਦੇ

ਦੇਸੰਤਰੁ ਭਵਿ ਥਕੇ ਭੇਖਧਾਰੀ ॥ ੪ ॥ ੨ ॥

ਮ: ੩ ਸਾਰੰਗ ਕੀ ਵਾਰ ॥

(੩੭) 'ਪੰਡਿਤ' ਪੜ੍ਹਿ ਪੜ੍ਹਿ ਮੋਨੀ ਸਭਿ ਥਾਕੇ

ਭ੍ਰਮਿ ਭੇਖ ਥਕੇ ਭੇਖਧਾਰੀ ॥ ੪ ॥ ੨ ॥

ਸਾਰੰਗ ਮ: ੩ ਅਸਟਪਦੀਆ ॥

(੩੮) ਸੰਨਿਆਸੀ ਤਪਸੀਅਹ

ਮੁਖਹੁ ਏ 'ਪੰਡਿਤ' ਮਿਠੇ ॥ ੨ ॥ ੨੦ ॥

ਸਵਈਏ ਮਹਲੇ ਤੀਜੇ ਕੇ ॥ ਭਿਖਾ ॥

ਆਓ, ਹੁਣ ਵੇਖੀਏ, ਇਹ ਨਿਯਮ ਮਨ-ਘੜਤ ਹੀ ਹੈ, ਜਾਂ ਬੋਲੀ ਦੇ ਇਤਿਹਾਸ ਨਾਲ ਇਸ ਦਾ ਕੋਈ ਡੂੰਘਾ ਸੰਬੰਧ ਹੈ।

ਸੰਸਕ੍ਰਿਤ ਧਾਤੂ 'ਯਾ' ('ਯ') ਦਾ ਅਰਥ ਹੈ 'ਜਾਣਾ'। ਵਾਕ "ਰਾਮ ਜਾਂਦਾ ਹੈ"

ਨੂੰ ਸੰਸਕ੍ਰਿਤ ਵਿਚ ਅਸੀ ਇਉਂ ਲਿਖਾਂਗੇ : रामो याति (ਰਾਮੋ ਯਾਤਿ)।

ਸੰਸਕ੍ਰਿਤ ਵਿਚ ਕਰਤਾ ਕਾਰਕ ਇੱਕ ਵਚਨ ਦਾ ਚਿਹਨ 'स्' (:) ਹੈ, ਜੋ ਕਈ ਥਾਈਂ 'उ' (ੁ) ਬਣ ਜਾਂਦਾ ਹੈ।

ਜਿਸ ਅੱਖਰ ਨੂੰ ਪੰਜਾਬੀ ਵਿਚ ਅਸੀ ਮੁਕਤਾ-ਅੰਤ ਆਖਦੇ ਹਾਂ, ਸੰਸਕ੍ਰਿਤ ਵਿਚ ਉਸ ਦੇ ਅੰਤ ਵਿਚ 'ਅ' ('अ') ਸਮਝਿਆ ਜਾਂਦਾ ਹੈ; 'राम' (ਰਾਮੋ) ਸ਼ਬਦ ਦੇ ਅੰਤਲੇ 'म' (ਮ) ਵਿਚ 'अ' (ਅ) ਭੀ ਸ਼ਾਮਲ ਹੈ।

'रामो याति' (ਰਾਮ ਯਾਤਿ)

ਅਸਲ ਵਿਚ ਪਹਿਲਾਂ ਇਉਂ ਹੈ

'राम : याति' (ਰਾਮ : ਯਾਤਿ)

'रामः' (ਰਾਮ :) ਦਾ ਅੰਤਲਾ ਚਿਹਨ (:) 'उ' (ੁ) ਬਣ ਕੇ, ਲਫ਼ਜ਼ 'राम' (ਰਾਮ) ਦੇ ਅੰਤਲੇ 'अ' (ਅ) ਦੇ ਨਾਲ ਮਿਲ ਕੇ (ੋ) ਬਣ ਜਾਂਦਾ ਹੈ, ਤੇ ਸਾਰਾ ਵਾਕ

'रामो याति' (ਰਾਮੋ ਯਾਂਤਿ ਹੋ ਗਿਆ ਹੈ।

ਪਰ 'ਪ੍ਰਾਕ੍ਰਿਤ' ਵਿਚ ਅੱਖਰਾਂ ਦੇ ਅੰਤਲੇ 'ਅ' ਦੀ ਵੱਖਰੀ ਹਸਤੀ ਨਹੀਂ ਮੰਨੀ ਗਈ। ਸੋ (:) ਦੇ 'उ' (ੁ) ਬਣਨ ਤੇ, ਇਹ (ੁ) ਪਹਿਲੇ ਲਫ਼ਜ਼ ਦੇ ਨਾਲ ਸਿਧਾ ਹੀ ਵਰਤਿਆ ਗਿਆ। ਸੰਸਕ੍ਰਿਤ ਦਾ ਸ਼ਬਦ 'रामो' (ਰਾਮੋ) ਪ੍ਰਾਕ੍ਰਿਤ ਵਿਚ 'रामु' (ਰਾਮੁ) ਹੋ ਗਿਆ।

ਸੰਸਕ੍ਰਿਤ ਦੇ ਕਈ ਸ਼ਬਦਾਂ ਦਾ ਮੁੱਢਲਾ 'ਯ' (य) ਪ੍ਰਾਕ੍ਰਿਤ ਅਤੇ ਪੰਜਾਬੀ ਵਿਚ 'ਜ' (ज) ਬਣ ਗਿਆ ਕਿਉਂਕਿ 'ਜ' ਅਤੇ 'ਯ' ਦਾ ਉਚਾਰਣ-ਅਸਥਾਨ ਇੱਕੋ ਹੀ ਹੈ (ਜੀਭ ਨੂੰ ਤਾਲੂ ਦੇ ਨਾਲ ਲਗਾਉਣਾ); ਜਿਵੇਂ,

यव (ਯਵ),–ਜਉਂ। यमुना (ਯਮੁਨਾ),–ਜਮੁਨਾ।
यज्ञ (ਯਗਜ),–ਜੱਗ। यति (ਯਤਿ),–ਜਤੀ।

ਇਸੇ ਤਰ੍ਹਾਂ ਵਾਕ 'रामो याति' (ਰਾਮੋ ਯਾਤਿ) ਦੇ 'ਯਾਤਿ' ਦਾ 'ਯ' 'ਜ' ਬਣ ਕੇ, ਸਾਰਾ ਵਾਕ ਪ੍ਰਾਕ੍ਰਿਤ ਵਿਚ ਇਉਂ ਹੋ ਗਿਆ :

रामु जादि (ਰਾਮੁ ਜਾਦਿ);

ਇਹ ਵਾਕ ਪੁਰਾਤਨ ਪੰਜਾਬੀ ਵਿਚ "ਰਾਮੁ ਜਾਂਦਾ" ਬਣ ਗਿਆ।

ਇਸ ਸਾਰੀ ਵਿਚਾਰ ਤੋਂ ਅਸਾਂ ਇਹ ਵੇਖ ਲਿਆ ਹੈ ਕਿ ਇਹ (ੁ) ਬੋਲੀ ਦੇ ਇਤਿਹਾਸ ਵਿਚ ਖ਼ਾਸ ਮੁੱਲ ਰੱਖਦਾ ਹੈ; ਅਤੇ ਇਸੇ ਤਰ੍ਹਾਂ ਗੁਰਬਾਣੀ ਦੀ ਬੋਲੀ ਦੇ ਹੋਰ ਵਿਆਕਰਨਿਕ ਨਿਯਮ ਲੱਭਣੇ ਮਨ-ਘੜਤ ਗੱਲਾਂ ਨਹੀਂ ਹਨ।

(ੲ) ਸੰਬੋਧਨ

(੧) 'ਪੰਡਿਤ', ਹਰਿ ਪੜੁ ਤਜਹੁ ਵਿਕਾਰਾ ॥੧॥ਰਹਾਉ॥੨॥

ਗਉੜੀ ਮ: ੩, ਅਸਟਪਦੀਆ ॥

ਪੰਡਿਤ—ਹੇ ਪੰਡਿਤ !

(੨) ਕਹੁ ਰੇ 'ਪੰਡਿਤ', ਬਾਮਨ ਕਬ ਕੇ ਹੋਏ ॥੧॥ਰਹਾਉ॥੭॥

ਗਉੜੀ ਕਬੀਰ ਜੀ ॥

(੩) ਕਹੁ ਰੇ ਪੰਡਿਤ', ਅੰਬਰੁ ਕਾ ਸਿਉ ਲਾਗਾ ॥੧॥ਰਹਾਉ॥੨੯॥

ਗਉੜੀ ਕਬੀਰ ਜੀ ॥

(੪) ਤੁਧੁ ਸਿਰਿ ਲਿਖਿਆ ਸੋ ਪੜੁ 'ਪੰਡਿਤ',
ਅਵਰਾ ਨੋ ਨ ਸਿਖਾਲਿ ਬਿਖਿਆ ॥ ੫ ॥

ਆਸਾ ਮ: ੩, ਪਟੀ ॥

(੫) ਏਕੋ ਨਾਮੁ ਨਿਧਾਨੁ 'ਪੰਡਿਤ', ਸੁਣਿ ਸਿਖ ਸਚੁ ਸੋਈ ॥੧॥੭॥੯॥

ਗੂਜਰੀ ਮਹਲਾ ੩ ਤੀਜਾ ॥

(੬) ਸੁਣਿ 'ਪੰਡਿਤ', ਕਰਮਾਕਾਰੀ ॥ ੨ ॥

ਸੋਰਠਿ ਮ: ੧, ਅਸਟਪਦੀਆ ॥

(੭) 'ਪੰਡਿਤ', ਦਹੀ ਵਿਲੋਈਐ ਭਾਈ ਵਿਚਹੁ ਨਿਕਲੈ ਤਥੁ ॥ ੫ ॥

ਸੋਰਠਿ ਮ: ੧, ਅਸਟਪਦੀਆ ॥

(੮) 'ਪੰਡਿਤ', ਤਿਨ ਕੀ ਬਰਕਤੀ ਸਭੁ ਜਗਤੁ ਖਾਇ ਜੋ ਰਤੇ ਹਰਿ ਨਾਇ ॥
'ਪੰਡਿਤ', ਦੂਜੈ ਭਾਇ ਬਰਕਤਿ ਨ ਹੋਵਈ ਨਾ ਧਨੁ ਪਲੈ ਪਾਇ॥੨॥੧੨॥

ਸੋਰਠਿ ਕੀ ਵਾਰ ॥

(੯) ਰਾਮ ਨਾਮ ਗੁਣ ਗਾਇ, ਪੰਡਿਤ' ॥
ਕਰਮ ਕਾਂਡ ਅਹੰਕਾਰੁ ਨ ਕੀਜੈ
ਕੁਸਲ ਸੇਤੀ ਘਰਿ ਜਾਹਿ, 'ਪੰਡਿਤ'॥੧॥ਰਹਾਉ॥੧੭॥੨੮॥

ਰਾਮਕਲੀ ਮਹਲਾ ੫ ॥

(੧੦) 'ਪੰਡਿਤ', ਬੇਦੁ ਬੀਚਾਰਿ, 'ਪੰਡਿਤ' ॥
ਮਨ ਕਾ ਕ੍ਰੋਧੁ ਨਿਵਾਰਿ, 'ਪੰਡਿਤ' ॥੧॥ਰਹਾਉ॥੬॥੧੭॥

ਰਾਮਕਲੀ ਮਹਲਾ ੫ ॥

(੧੧) ਕਹੁ 'ਪੰਡਿਤ', ਸੂਚਾ ਕਵਨੁ ਠਾਉ ॥੧॥ਰਹਾਉ॥੧॥੭॥

ਬਸੰਤ ਹਿੰਡੋਲ ਕਬੀਰ ਜੀ ॥

(੧੨) ਦੁਇ ਮਾਈ ਦੁਇ ਬਾਪਾ ਪੜੀਅਹਿ,
'ਪੰਡਿਤ', ਕਰਹੁ ਬੀਚਾਰੋ ॥੧॥੩॥੧੧॥

ਬਸੰਤ ਹਿੰਡੋਲ ਮਹਲਾ ੧ ॥

(੧੩) 'ਪੰਡਿਤ', ਇਸੁ ਮਨ ਕਾ ਕਰਹੁ ਬੀਚਾਰੁ ॥੧॥ਰਹਾਉ॥੧॥੧੦॥

ਮਲਾਰ ਮਹਲਾ ੩ ਘਰੁ ੨ ॥

(੨) ਪੜਹਿ:–

ਇਹ ਕ੍ਰਿਆ 'ਬਹੁ ਵਚਨ' ਹੈ, ਇਸ ਦਾ ਇਕ ਵਚਨ 'ਪੜ੍ਹੈ' ਹੈ; ਜਿਵੇਂ

ਗਾਵੈ–ਇਕ ਵਚਨ। ਗਾਵਹਿ–ਬਹੁ ਵਚਨ।

ਕਰੈ–ਇਕ ਵਚਨ। ਕਰਹਿ–ਬਹੁ ਵਚਨ।

ਪ੍ਰਮਾਣ :

(੧) ਪੰਡਿਤ 'ਪੜਹਿ' ਸਾਦੁ ਨ ਪਾਵਹਿ ॥੨॥੧੨॥੧੩॥

ਮਾਝ ਮਹਲਾ ੩ ॥

(੨) ਮਨਮੁਖ 'ਪੜਹਿ' ਪੰਡਿਤ ਕਹਾਵਹਿ ॥੧॥੩੦॥੩੧॥

ਮਾਝ ਮਹਲਾ ੩ ॥

(੩) ਪੰਡਿਤ 'ਪੜਹਿ' ਵਖਾਣਹਿ ਵੇਦ ॥੪॥੨੧॥

ਆਸਾ ਮਹਲਾ ੧ ॥

ਇਥੇ ਲਫ਼ਜ਼ 'ਪੜਹਿ' 'ਬਹੁ ਵਚਨ' ਹੈ।

(੪) ਦੂਜੈ ਭਾਇ 'ਪੜਹਿ' ਨਿਤ ਬਿਖਿਆ
ਨਾਵਹੁ ਦਯਿ ਖੁਆਇਆ ॥੨॥੧੨॥

ਗੂਜਰੀ ਕੀ ਵਾਰ ਮ: ੩ ॥

(੫) ਵੇਦ 'ਪੜਹਿ' ਤੈ ਵਾਦ ਵਖਾਣਹਿ
ਬਿਨੁ ਹਰਿ ਪਤਿ ਗਵਾਈ ॥੭॥੧॥

ਸੋਰਠਿ ਮ: ੩ ਅਸਟਪਦੀਆ ॥

(੬) ਧੋਤੀ ਊਜਲ ਤਿਲਕੁ ਗਲਿ ਮਾਲਾ ॥
ਅੰਤਰਿ ਕ੍ਰੋਧੁ 'ਪੜਹਿ' ਨਟਸਾਲਾ ॥੪॥੨॥

ਬਿਲਾਵਲੁ ਮ: ੧ ਅਸਟਪਦੀਆ ਘਰੁ ੧੦ ॥

(੭) ਬੇਦ 'ਪੜਹਿ' ਹਰਿ ਨਾਮੁ ਨ ਬੂਝਹਿ
ਮਾਇਆ ਕਾਰਣਿ ਪੜਿ ਪੜਿ ਲੂਝਹਿ ॥੧੪॥੬॥

ਮਾਰੂ ਮ: ੩ ਸੋਲਹੇ ॥

(੮) ਮੂਰਖ 'ਪੜਹਿ' ਸਬਦੁ ਨ ਬੂਝਹਿ
ਗੁਰਮੁਖਿ ਵਿਰਲੈ ਜਾਤਾ ਹੇ ॥੧੫॥੯॥

ਮਾਰੂ ਮ: ੩ ਸੋਲਹੇ ॥

(੯) ਬੇਦੁ 'ਪੜਹਿ' ਪੜਿ ਬਾਦੁ ਵਖਾਣਹਿ ॥੧੧॥੫॥੧੪॥

ਮਾਰੂ ਮ: ੩ ਸੋਲਹੇ ॥

(੧੦) ਬੇਦ 'ਪੜਹਿ' ਸੰਪੂਰਨਾ ਤਤੁ ਸਾਰ ਨ ਪੇਖੰ ॥ ੧੩ ॥

ਮਾਰੂ ਵਾਰ ਮ: ੫ ਡਖਣੇ ॥

(੧੧) ਸਿੰਮ੍ਰਿਤਿ ਸਾਸਤ੍ਰ 'ਪੜਹਿ' ਮੁਨਿ ਕੇਤੇ
ਬਿਨੁ ਸਬਦੈ ਸੁਰਤਿ ਨ ਪਾਈ ॥੨॥੧॥੧੧॥

ਭੈਰਉ ਮ: ੩ ਘਰੁ ੨ ॥

(੧੨) ਅੰਦਰਿ ਕਪਟੁ ਉਦਰੁ ਭਰਣ ਕੈ ਤਾਈ
ਪਾਠ 'ਪੜਹਿ' ਗਾਵਾਰੀ ॥੧॥੨੪॥

ਮਹਲਾ ੩ ਸਾਰੰਗ ਕੀ ਵਾਰ ॥

ਲਫ਼ਜ਼ 'ਪੰਡਿਤ', 'ਪੰਡਿਤੁ' ਅਤੇ 'ਪੜਹਿ' ਸੰਬੰਧੀ ਗੁਰਬਾਣੀ ਵਿੱਚੋਂ ਕਈ ਪ੍ਰਮਾਣ ਪੜ੍ਹ ਕੇ ਅਸੀ ਸਮਝ ਚੁਕੇ ਹਾਂ ਕਿ ਇਸ ਪਉੜੀ ਦੀ ਤੁਕ ਵਿਚ ਵਰਤਿਆ ਹੋਇਆ ਲਫ਼ਜ਼ 'ਪੰਡਿਤ' ਬਹੁ ਵਚਨ ਹੈ; ਭਾਵ, ਇਥੇ ਕਿਸੇ ਇੱਕ ਪੰਡਿਤ ਵਲ ਇਸ਼ਾਰਾ ਨਹੀਂ ਹੈ, 'ਕਈ ਪੰਡਿਤਾਂ ਨੂੰ' ਸੱਦਣ ਦਾ ਹੁਕਮ ਹੈ, ਜੋ ਆ ਕੇ 'ਹਰਿ ਕਥਾ' ਅਤੇ 'ਹਰਿ ਨਾਮੁ'-ਰੂਪ ਪੁਰਾਣ ਪੜ੍ਹਨ । ਜੇ 'ਕਿਰਿਆ ਕਰਮ' ਕਰਾਣ ਦਾ ਹਜ਼ੂਰ ਹੁਕਮ ਦੇਂਦੇ, ਤਾਂ 'ਕੇਵਲ ਇੱਕ ਅਚਾਰਜ' ਨੂੰ ਸੱਦਣ ਦਾ ਸੁਨੇਹਾ ਹੁੰਦਾ, ਕਦੇ ਕਿਸੇ ਘਰ 'ਕਿਰਿਆ' ਵਾਸਤੇ ਬਹੁਤੇ ਅਚਾਰਜਾਂ ਦੀ ਲੋੜ ਨਹੀਂ ਪੈਂਦੀ । ਹਿੰਦੂ ਸੱਜਣਾਂ ਵਿਚ ਹਰੇਕ ਘਰ ਦਾ 'ਇੱਕ ਹੀ' ਅਚਾਰਜ ਹੁੰਦਾ ਹੈ । ਇਸ ਵਿਚ ਕੋਈ ਸ਼ੱਕ ਨਹੀਂ ਕਿ ਹਿੰਦੂ ਬਿਰਾਦਰੀ ਵਿਚ ਘਰ ਦਾ ਇੱਕ ਪੁਰੋਹਿਤ ਭੀ ਹੁੰਦਾ ਹੈ, ਪਰ ਪੁਰੋਹਿਤ ਕਿਰਿਆ ਦਾ ਧਾਨ ਨਹੀਂ ਖਾਂਦੇ, ਇਸ ਨੂੰ ਕੇਵਲ ਅਚਾਰਜ ਹੀ ਵਰਤਦੇ ਤੇ ਲੈਂਦੇ ਹਨ ।

ਸੋ, ਇਸ ਤੁਕ ਵਿਚ ਨਾਂਹ ਕਿਸੇ ਅਚਾਰਜ ਵਲ ਅਤੇ ਨਾਂਹ ਹੀ ਕਿਸੇ ਪੁਰੋਹਿਤ ਵਲ ਇਸ਼ਾਰਾ ਹੈ ।

(੩) ਹਰਿਸਰਿ :-

ਇਸ ਦਾ ਅਰਥ ਹੈ ਹਰਿਸਰ ਵਿਚ ।

(ੳ) ਹਿੰਦੂ-ਧਰਮ ਦੇ ਗੰਗਾ ਦੇ ਕੰਢੇ ਵਾਲੇ ਤੀਰਥ ਦਾ ਆਮ ਪ੍ਰਸਿੱਧ ਨਾਮ 'ਹਰਿਦੁਆਰ' ਹੈ, ਕਦੇ ਕਿਸੇ ਹਿੰਦੂ ਸੱਜਣ ਦੇ ਮੂੰਹੋਂ ਭੀ ਇਸ ਦਾ ਨਾਮ 'ਹਰਿਸਰ' ਸੁਣਨ ਵਿਚ ਨਹੀਂ ਆਇਆ । ਕੋਸ਼ ਵਿਚ ਭੀ ਨਾਮ 'ਹਰਿਦੁਆਰ' ਹੈ, 'ਹਰਿਸਰ' ਨਹੀਂ ।

(ਅ) ਲਫ਼ਜ਼ 'ਹਰਿਦੁਆਰ' ਗੁਰਬਾਣੀ ਵਿੱਚ ਕਈ ਥਾਈਂ ਆਇਆ ਹੈ, ਪਰ

ਉਸ ਦਾ ਇਸ਼ਾਰਾ ਇਸ ਹਿੰਦੂ-ਤੀਰਥ ਵਲ ਕਿਤੇ ਨਹੀਂ ਹੈ,ਉਸ ਦਾ ਅਰਥ ਹੈ 'ਅਕਾਲ-ਪੁਰਖ ਦਾ ਦਰ' ; ਜਿਵੇਂ :-

(੧) ਸਤਿਬਚਨ ਵਰਤਹਿ 'ਹਰਿਦੁਆਰੇ'॥੭॥੧॥੨੯॥

ਗੌਂਡ ਅਸਟਪਦੀਆ ਮ: ੫ ॥

(੨) ਨਾਨਕ ਭਗਤ ਸੋਹਹਿ 'ਹਰਿਦੁਆਰ' ॥੪॥੧॥੩੪॥

ਰਾਮਕਲੀ ਮ: ੫ ॥

(੩) ਜਿਨ ਪੂਰਾ ਸਤਿਗੁਰੁ ਸੇਵਿਆ
ਸੇ ਅਸਥਿਰੁ 'ਹਰਿਦੁਆਰਿ' ॥੪॥੧॥੩੧॥

ਬਿਲਾਵਲ ਮ: ੫ ॥

(੪) ਸਰਨਿ ਪਰਿਓ ਨਾਨਕ 'ਹਰਿਦੁਆਰੇ' ॥੪॥੪॥

ਵਡਹੰਸ ਮ: ੫ ॥

(੫) ਨਾਨਕ ਨਾਮਿ ਮਿਲੈ ਵਡਿਆਈ
'ਹਰਿ ਦਰਿ' ਸੋਹਨਿ ਆਗੈ ॥੨॥੧੧॥

ਵਡਹੰਸੁ ਕੀ ਵਾਰ ਮ: ੪ ॥

(੬) 'ਹਰਿ ਦਰਿ' ਤਿਨ ਕੀ ਊਤਮ ਬਾਤ ਹੈ ਸੰਤਹੁ
ਹਰਿ ਕਥਾ ਜਿਨ ਜਨਹੁ ਜਾਨੀ ॥ਰਹਾਉ॥੫॥੧੧॥

ਧਨਾਸਰੀ ਮ: ੪ ॥

(੭) ਜਿਨ ਜਪਿਆ ਹਰਿ, ਤੇ ਮੁਕਤ ਪ੍ਰਾਣੀ
ਤਿਨ ਕੇ ਊਜਲ ਮੁਖ 'ਹਰਿਦੁਆਰਿ' ॥੨॥੩॥

ਤੁਖਾਰੀ ਮ: ੪ ਛੰਤ ॥

(ੲ) ਹੁਣ ਆਓ, ਵੇਖੀਏ, ਸ਼ਬਦ 'ਹਰਿਸਰ' ਗੁਰਬਾਣੀ ਵਿਚ ਕਿਸ ਅਰਥ ਵਿੱਚ ਮਿਲਦਾ ਹੈ :-

(੧) ਹਉਮੈ ਮੈਲੁ ਸਭ ਉਤਰੀ ਮੇਰੀ ਜਿੰਦੁੜੀਏ
ਹਰਿ ਅੰਮ੍ਰਿਤ 'ਹਰਿਸਰਿ' ਨਾਤੇ ਰਾਮ ॥੪॥੩॥

ਬਿਹਾਗੜਾ ਮ: ੪ ॥

(੨) 'ਹਰਿ ਚਰਣ ਸਰੋਵਰ'
ਤਹ ਕਰਹੁ ਨਿਵਾਸੁ ਮਨਾ ॥
ਕਰਿ ਮਜਨੁ 'ਹਰਿਸਰੇ'

ਸਭਿ ਕਿਲਬਿਖ ਨਾਸੁ ਮਨਾ ॥ ੧ ॥ ੨ ॥ ੫ ॥

ਬਿਹਾਗੜਾ ਮ: ੫ ॥

(੩) ਜਿਨਿ ਹਰਿ ਰਸੁ ਚਾਖਿਆ
ਸਬਦਿ ਸੁਭਾਖਿਆ 'ਹਰਿਸਰਿ' ਰਹੀ ਭਰਪੂਰੇ ॥ ੨ ॥ ੫ ॥

ਵਡਹੰਸੁ ਮ: ੩ ਛੰਤੁ ॥

(੪) ਤੁਮ 'ਹਰਿਸਰਵਰ' ਅਤਿ ਅਗਾਹ
ਹਮ ਲਹਿ ਨ ਸਕਹਿ ਅੰਤੁ ਮਾਤੀ ॥ ੨ ॥ ੫ ॥

ਧਨਾਸਰੀ ਮ: ੪ ॥

(੫) ਹਰਿ ਰਸੁ ਚੋਗ ਚੁਗਹਿ ਪ੍ਰਭ ਭਾਵੈ ॥
'ਸਰਵਰ' ਮਹਿ ਹੰਸੁ ਪ੍ਰਾਨਪਤਿ ਪਾਵੈ ॥ ੧ ॥ ੧ ॥

ਧਨਾਸਰੀ ਮ: ੧ ਅਸਟਪਦੀਆ ॥

(੬) ਗੁਰੁ 'ਸਰਵਰੁ' ਮਾਨਸਰੋਵਰੁ ਹੈ
ਵਡਭਾਗੀ ਪੁਰਖ ਲਹੰਨਿ੍ ॥ ੨ ॥ ੪ ॥ ੯ ॥

ਸੂਹੀ ਮ: ੩, ਅਸਟਪਦੀਆ ॥

(੭) 'ਹਰਿਸਰਿ' ਨਿਰਮਲਿ ਨਾਏ ॥ ੨ ॥ ੧ ॥ ੩ ॥

ਸੂਹੀ ਛੰਤ ਮ: ੪ ॥

(੮) 'ਹਰਿ ਜਨ ਅੰਮ੍ਰਿਤ ਕੁੰਟ ਸਰ' ਨੀਕੇ
ਵਡਭਾਗੀ ਤਿਤੁ ਨਾਵਾਈਐ ॥ ੧ ॥ ੪ ॥

ਰਾਮਕਲੀ ਮ: ੪ ॥

(੯) ਦੁਰਮਤਿ ਮੈਲੁ ਗਈ ਸਭ ਨੀਕਰਿ
ਹਰਿ ਅੰਮ੍ਰਿਤਿ 'ਹਰਿਸਰਿ' ਨਾਤਾ ॥ ੧ ॥ ੨ ॥

ਮਾਲੀ ਗਉੜਾ ਮ: ੪ ॥

(੧੦) 'ਹਰਿਸਰੁ' ਸਾਗਰੁ ਸਦਾ ਜਲੁ ਨਿਰਮਲੁ
ਨਾਵੈ ਸਹਜਿ ਸੁਭਾਈ ॥ ੫ ॥ ੧ ॥

ਸਾਰਗ ਮ: ੩, ਅਸਟਪਦੀਆ ॥

(੧੧) 'ਹਰਿਸਰਿ ਤੀਰਥਿ' ਜਾਣਿ ਮਨੂਆ ਨਾਇਆ ॥ ੧੮ ॥

ਮਲਾਰ ਕੀ ਵਾਰ ਮ: ੧ ॥

ਇਹਨਾਂ ਤੁਕਾਂ ਵਿਚ ਹਰੀ ਦੇ ਚਰਨਾਂ ਨੂੰ, ਹਰੀ ਨੂੰ, ਗੁਰੂ ਨੂੰ ਅਤੇ ਸਤਸੰਗ ਨੂੰ

'ਹਰਿਸਰ' ਆਖਿਆ ਗਿਆ ਹੈ।

(ਸ) 'ਹਰਿਸਰ' ਲਫ਼ਜ਼ ਤੋਂ ਛੁੱਟ 'ਅੰਮ੍ਰਿਤਸਰ', 'ਸਤਸਰ' ਆਦਿਕ ਲਫ਼ਜ਼ ਭੀ ਇਸੇ ਹੀ ਭਾਵ ਵਿਚ ਵਰਤੇ ਗਏ ਹਨ; ਜਿਵੇਂ :–

(੧) ਸਚਾ ਤੀਰਥੁ ਜਿਤੁ 'ਸਤਸਰਿ' ਨਾਵਣੁ
ਗੁਰਮੁਖਿ ਆਪਿ ਬੁਝਾਏ ॥ ੫ ॥ ੧ ॥

ਸੂਹੀ ਮ: ੩, ਅਸਟਪਦੀਆ ॥

(੨) ਗੁਰਿ 'ਅੰਮ੍ਰਿਤਸਰਿ' ਨਵਲਾਇਆ
ਸਭਿ ਲਾਥੇ ਕਿਲਵਿਖ ਪੰਕੁ ॥ ੩ ॥ ੩ ॥

ਸੂਹੀ ਮ: ੪ ॥

(੩) ਤਿਨ ਮਿਲਿਆ ਮਲੁ ਸਭੁ ਜਾਏ
'ਸਚੈ ਸਰਿ' ਨ੍ਹਾਏ ਸਚੈ ਸਹਜਿ ਸੁਭਾਏ ॥ ੪ ॥ ੪ ॥

ਵਡਹੰਸ ਮ: ੩, ਛੰਤ ॥

(੪) ਮੈਲੁ ਗਈ ਮਨੁ ਨਿਰਮਲੁ ਹੋਆ
'ਅੰਮ੍ਰਿਤਸਰਿ' ਤੀਰਥਿ ਨਾਇ ॥ ੨ ॥ ੪ ॥

ਵਡਹੰਸ ਕੀ ਵਾਰ ॥

(੫) ਮਨੁ ਸੰਪਟੁ ਜਿਤੁ 'ਸਤਸਰਿ' ਨਾਵਣੁ
ਭਾਵਨ ਪਾਤੀ ਤ੍ਰਿਪਤਿ ਕਰੇ ॥ ੩ ॥ ੧ ॥

ਸੂਹੀ ਮਹਲਾ ੧ ॥

(੬) ਜਿਨ ਕਉ ਤੁਮ੍ ਹਰਿ ਮੇਲਹੁ ਸੁਆਮੀ
ਤੇ ਨਾਏ 'ਸੰਤੋਖ ਗੁਰ ਸਰਾ' ॥ ੪ ॥ ੩ ॥

ਬਿਲਾਵਲੁ ਮ: ੪, ਘਰੁ ੩ ॥

(੭) ਗੁਰੁ ਸਾਗਰੁ 'ਅੰਮ੍ਰਿਤਸਰੁ' ਜੋ ਇਛੇ ਸੋ ਫਲੁ ਪਾਏ ॥ ੭ ॥ ੫ ॥

ਮਾਰੂ ਮ: ੧ ॥

(੮) ਤਿਤੁ 'ਸਤ ਸਰਿ' ਮਨੂਆ ਗੁਰਮੁਖਿ ਨਾਵੈ
ਫਿਰਿ ਬਾਹੁੜਿ ਜੋਨਿ ਨ ਪਾਇਦਾ ॥ ੪ ॥ ੫ ॥ ੧੭ ॥

ਮਾਰੂ ਮ: ੧, ਸੋਲਹੇ ॥

(੯) ਬਿਖਿਆ ਮਲੁ ਜਾਇ 'ਅੰਮ੍ਰਿਤਸਰਿ' ਨਾਵਹੁ
ਗੁਰ ਸਰ ਸੰਤੋਖੁ ਪਾਇਆ ॥ ੮ ॥ ੫ ॥ ੨੨ ॥

ਮਾਰੂ ਮ: ੩, ਸੋਲਹੇ ॥

(੧੦) ਕਾਇਆ ਅੰਦਰਿ 'ਅੰਮ੍ਰਿਤਸਰੁ' ਸਾਚਾ
ਮਨੁ ਪੀਵੈ ਭਾਇ ਸੁਭਾਈ ਹੇ ॥੪॥੩॥

ਮਾਰੂ ਮ: ੩ ਸੋਲਹੇ ॥

(੧੧) ਗੁਰਮੁਖਿ ਮਨੁ ਨਿਰਮਲੁ 'ਸਤਸਰਿ' ਨਾਵੈ ॥
ਮੈਲੁ ਨ ਲਾਗੈ ਸਚਿ ਸਮਾਵੈ ॥੪॥੧॥੧੫॥

ਮਾਰੂ ਮ: ੩ ਸੋਲਹੇ ॥

(ਹ) ਗੁਰਮੁਖਾਂ ਦੇ ਚਰਨਾਂ ਨੂੰ 'ਗੰਗਾ' ਆਦਿਕ ਕ੍ਰੋੜਾਂ ਤੀਰਥਾਂ ਦੇ ਤੁੱਲ ਸਮਝਦੇ ਹਨ :-

ਜਨ ਪਾਰਬ੍ਰਹਮ ਕੀ ਨਿਰਮਲ ਮਹਿਮਾ
ਜਨ ਕੇ ਚਰਨ ਤੀਰਥ ਕੋਟਿ ਗੰਗਾ ॥
ਜਨ ਕੀ ਧੂਰਿ ਕੀਓ ਮਜਨੁ ਨਾਨਕ
ਜਨਮ ਜਨਮ ਕੇ ਹਰੇ ਕਲੰਗਾ ॥੨॥੪॥੧੨੦॥

ਬਿਲਾਵਲ ਮ: ੫ ॥

(੪) ਪਾਵਏ:-

'ਰਾਮਕਲੀ ਸਦੁ' ਵਿਚ ਇਸੇ ਲਫ਼ਜ਼ ਵਰਗੇ ਹੇਠ-ਲਿਖੇ ਹੋਰ ਲਫ਼ਜ਼ ਆਏ ਹਨ :

ਸਮਾਵਏ-ਪਉੜੀ ੧ । ਭਾਵਏ-ਪਉੜੀ ੩ ।
ਮੇਲਾਵਏ-ਪਉੜੀ ੩ । ਭਾਵਏ-ਪਉੜੀ ੪ ।
ਪੈਨਾਵਏ-ਪਉੜੀ ੪ । ਭਾਵਏ-ਪਉੜੀ ੫ ।

ਇਹ ਉਪਰਲੇ ਸਾਰੇ ਸ਼ਬਦ 'ਵਰਤਮਾਨ ਕਾਲ' 'ਅੱਨ-ਪੁਰਖ, ਇੱਕ ਵਚਨ' ਵਿਚ ਹਨ । 'ਪਾਵਹੇ', 'ਧਿਆਵਹੇ' ਬਹੁ ਵਚਨ ਹਨ ।

ਆਓ, ਹੁਣ ਇਹਨਾਂ ਦੇ ਅਰਥ ਨੂੰ ਮੁੜ ਵਿਚਾਰੀਏ :-

(੧) ਗੁਰਸਬਦਿ ਸਮਾਵਏ-'ਗੁਰੂ ਦੇ ਸ਼ਬਦ ਦੀ ਰਾਹੀਂ ਸਮਾਂਦਾ ਹੈ ।'

(ਪ੍ਰ:) ਕੌਣ ? (ਉ:) ਗੁਰੂ ਅਮਰਦਾਸ ।

(੨) ਜਿਸੁ ਹਰਿ ਪ੍ਰਭ ਭਾਣਾ ਭਾਵਏ-ਜਿਸ ਨੂੰ ਹਰੀ ਪ੍ਰਭੂ ਦਾ ਭਾਣਾ ਭਾਉਂਦਾ ਹੈ।

(੩) ਹਰਿ ਆਪਿ ਗਲਿ ਮੇਲਾਵਏ-ਅਕਾਲ ਪੁਰਖ ਆਪ ਗਲ ਵਿਚ ਮਿਲਾ ਲੈਂਦਾ ਹੈ।

(੪) ਜਿਸੁ ਮਿਤ ਕੀ ਪੈਜ ਭਾਵਏ-ਜਿਸ ਮਨੁੱਖ ਨੂੰ ਆਪਣੇ ਮਿਤ੍ਰ ਦੀ ਵਡਿਆਈ (ਹੁੰਦੀ) ਭਾਉਂਦੀ ਹੈ।

(੫) ਹਰਿ, ਸਤਿਗੁਰੂ ਪੈਨਾਵਏ—ਅਕਾਲ ਪੁਰਖ ਗੁਰੂ ਨੂੰ ਮਾਣ ਦੇ ਰਿਹਾ ਹੈ।

(੬) ਹਰਿ ਰੰਗੁ ਗੁਰ ਭਾਵਏ—ਅਕਾਲ ਪੁਰਖ ਦਾ ਪਿਆਰ ਗੁਰੂ ਨੂੰ ਭਾਉਂਦਾ ਹੈ।

ਕ੍ਰਿਆ ਦੇ ਇਸ ਰੂਪ ਵਾਸਤੇ ਹੋਰ ਪ੍ਰਮਾਣ :

(ੳ) ਘਰਿ ਤ ਤੇਰੈ ਸਭੁ ਕਿਛੁ ਹੈ ਜਿਸੁ ਦੇਹਿ ਸੁ 'ਪਾਵਏ' ॥
ਸਦਾ ਸਿਫਤਿ ਸਾਲਾਹ ਤੇਰੀ ਨਾਮੁ ਮਨਿ 'ਵਸਾਵਏ' ॥ ੩ ॥

ਰਾਮਕਲੀ ਮ: ੩ ਅਨੰਦੁ ॥

ਪਾਵਏ—ਪਾਉਂਦਾ ਹੈ। ਵਸਾਵਏ—ਵਸਾਉਂਦਾ ਹੈ।

(ਅ) ਗੁਰ ਪਰਸਾਦੀ ਮਨੁ ਭਇਆ
ਨਿਰਮਲੁ, ਜਿਨਾ ਭਾਣਾ 'ਭਾਵਏ' ॥
ਕਹੈ ਨਾਨਕੁ ਜਿਸੁ ਦੇਹਿ ਪਿਆਰੇ,
ਸੋਈ ਜਨੁ 'ਪਾਵਏ' ॥ ੮ ॥

ਮ: ੩ ਅਨੰਦੁ

ਭਾਵਏ—ਭਾਉਂਦਾ ਹੈ। ਪਾਵਏ—ਪਾਉਂਦਾ ਹੈ।

(ੲ) ਮਨਹੁ ਕਿਉ ਵਿਸਾਰੀਐ ਏਵਡੁ ਦਾਤਾ
ਜਿ ਅਗਨਿ ਮਹਿ ਅਹਾਰੁ 'ਪਹੁਚਾਵਏ' ॥
ਓਸ ਨੋ ਕਿਹੁ ਪੋਹਿ ਨ ਸਕੀ ਜਿਸ ਨਉ
ਆਪਣੀ ਲਿਵ 'ਲਾਵਏ' ॥ ੨੯ ॥

ਰਾਮਕਲੀ ਮ: ੩ ਅਨੰਦੁ ॥

ਪਹੁਚਾਵਏ—ਪੁਚਾਉਂਦਾ ਹੈ।
ਲਾਵਏ—ਲਾਉਂਦਾ ਹੈ।

(ਸ) ਹਰਿ ਗਾਉ ਮੰਗਲੁ ਨਿਤ ਸਖੀਏ
ਸੋਗੁ ਦੂਖੁ ਨ 'ਵਿਆਪਏ' ॥
ਗੁਰ ਚਰਨ ਲਾਗੇ ਦਿਨ ਸਭਾਗੇ
ਆਪਣਾ ਪਿਰੁ 'ਜਾਪਏ' ॥ ੩੪ ॥

ਰਾਮਕਲੀ ਮ: ੩ ਅਨੰਦੁ ॥

ਵਿਆਪਏ—ਵਿਆਪਦਾ ਹੈ।
ਜਾਪਏ—ਜਾਪਦਾ ਹੈ, ਦਿੱਸ ਪੈਂਦਾ ਹੈ।

(ਹ) ਭਗਤਿ ਕਰਹੁ ਤੁਮ ਸਹੈ ਕੇਰੀ,
ਜੋ ਸਹ ਪਿਆਰੇ 'ਭਾਵਏ' ॥
ਆਪਣਾ ਭਾਣਾ ਤੁਮ ਕਰਹੁ,
ਤਾ ਫਿਰਿ ਸਹ ਖੁਸੀ ਨ 'ਆਵਏ' ॥
ਭਗਤਿ ਭਾਵ ਇਹੁ ਮਾਰਗੁ ਬਿਖੜਾ,
ਗੁਰ ਦੁਆਰੈ ਕੋ 'ਪਾਵਏ' ॥
ਕਹੈ ਨਾਨਕੁ ਜਿਸੁ ਕਰੇ ਕਿਰਪਾ,
ਸੋ ਹਰਿ ਭਗਤੀ ਚਿਤੁ 'ਲਾਵਏ' ॥ ੧॥

... ...

ਕਰਿ ਬੈਰਾਗੁ ਤੂੰ ਛੋਡਿ ਪਾਖੰਡੁ,
ਸੋ ਸਹੁ ਸਭੁ ਕਿਛੁ 'ਜਾਣਏ' ॥
ਜਲਿ ਥਲਿ ਮਹੀਅਲਿ ਏਕੋ ਸੋਈ,
ਗੁਰਮੁਖਿ ਹੁਕਮੁ 'ਪਛਾਣਏ' ॥
ਜਿਨਿ ਹੁਕਮੁ ਪਛਾਤਾ ਹਰੀ ਕੇਰਾ
ਸੋਈ ਸਰਬ ਸੁਖ 'ਪਾਵਏ' ॥
ਇਵ ਕਹੈ ਨਾਨਕੁ ਸੋ ਬੈਰਾਗੀ
ਅਨਦਿਨੁ ਹਰਿ ਲਿਵ 'ਲਾਵਏ' ॥ ੨ ॥ ੨ ॥ ੭ ॥ ੫ ॥ ੨ ॥ ੭ ॥

ਆਸਾ ਮ: ੩ ਛੰਤ ਘਰੁ ੩ ॥

ਭਾਵਏ–ਭਾਉਂਦਾ ਹੈ।
ਆਵਏ–ਆਉਂਦਾ ਹੈ।
ਪਾਵਏ–ਪਾਉਂਦਾ ਹੈ। ਲਾਵਏ–ਲਾਉਂਦਾ ਹੈ।
ਜਾਣਏ–ਜਾਣਦਾ ਹੈ। ਪਛਾਣਏ–ਪਛਾਣਦਾ ਹੈ।
ਇਸੇ ਤਰ੍ਹਾਂ

(੭) ਹਰਿ ਸਰਿ 'ਪਾਵਏ',–(ਗੁਰੂ ਅਮਰਦਾਸ) ਹਰੀ ਦੇ ਸਰੋਵਰ ਵਿਚ, ਭਾਵ, ਸਤਸੰਗਤ ਵਿੱਚ 'ਪਾਉਂਦਾ' ਹੈ।

(ਪ੍ਰ:) ਕੀਹ ?

(ਉ:) ਪਿੰਡੁ ਪਤਲਿ ਕਿਰਿਆ ਦੀਵਾ ਫੁਲ–ਇਹ ਸਭ ਕੁਝ।

ਨੋਟ: ਇਥੇ ਪਾਠਕ ਸੱਜਣ ਦੇ ਚੇਤੇ ਵਾਸਤੇ ਇਹ ਸੂਚਨਾ ਜ਼ਰੂਰੀ ਹੈ ਕਿ 'ਹਰਿ-ਦੁਆਰ' ਵਿੱਚ ਫੁੱਲ ਪਾਣ ਵਾਲੇ ਸੱਜਣ ਪਿੰਡੁ ਪਤਲਿ ਦੀਵਾ ਹਰਿਦੁਆਰ ਨਹੀਂ ਲੈ ਜਾਂਦੇ, 'ਕੇਵਲ ਫੁੱਲ' ਖੜਦੇ ਹਨ।

ਇਕ ਹੋਰ ਗੱਲ ਵਲ ਭੀ ਧਿਆਨ ਦੇਣ ਦੀ ਲੋੜ ਹੈ। 'ਕਿਰਿਆ' ਕਿਸੇ ਚੀਜ਼ ਦਾ ਨਾਮ ਨਹੀਂ, ਜੋ 'ਹਰਿਦੁਆਰ' ਵਿਚ ਪਾਈ ਜਾ ਸਕੇ। ਪਰ ਸਤਿਗੁਰੂ ਅਮਰਦਾਸ ਇਹਨਾਂ ਸਭਨਾਂ ਨੂੰ 'ਸਤਸੰਗਤਿ' ਵਿਚ ਪਾਉਂਦਾ ਹੈ, ਭਾਵ, ਇਹਨਾਂ ਸਭਨਾਂ ਨੂੰ ਸਤਸੰਗ ਤੋਂ ਸਦਕੇ ਕਰਦਾ ਹੈ, ਸਭ ਨਾਲੋਂ ਸਤਸੰਗ ਕਰਨ ਨੂੰ ਸ੍ਰੇਸ਼ਟ ਸਮਝਦਾ ਹੈ।

ਅਰਥ :—ਜੋਤੀ ਜੋਤਿ ਸਮਾਣ ਵੇਲੇ ਗੁਰੂ ਅਮਰਦਾਸ ਜੀ ਨੇ ਆਖਿਆ—(ਹੇ ਭਾਈ!) 'ਮੇਰੇ ਪਿੱਛੋਂ ਨਿਰੋਲ ਕੀਰਤਨ ਕਰਿਓ, ਕੇਸੋ ਗੋਪਾਲ (ਅਕਾਲ ਪੁਰਖ) ਦੇ ਪੰਡਿਤਾਂ ਨੂੰ ਸੱਦ ਘੱਲਿਓ, ਜੋ (ਆ ਕੇ) ਅਕਾਲ ਪੁਰਖ ਦੀ ਕਥਾ ਵਾਰਤਾ-ਰੂਪ ਪੁਰਾਣ ਪੜ੍ਹਨ। (ਚੇਤਾ ਰੱਖਿਓ, ਮੇਰੇ ਪਿੱਛੋਂ) ਅਕਾਲ ਪੁਰਖ ਦੀ ਕਥਾ (ਹੀ)ਪੜ੍ਹਨੀ ਚਾਹੀਦੀ ਹੈ, ਅਕਾਲ ਪੁਰਖ ਦਾ ਨਾਮ ਹੀ ਸੁਣਨਾ ਚਾਹੀਦਾ ਹੈ, ਬੇਬਾਣ ਭੀ ਗੁਰੂ ਨੂੰ (ਕੇਵਲ) ਅਕਾਲ ਪੁਰਖ ਦਾ ਪਿਆਰ ਹੀ ਚੰਗਾ ਲੱਗਦਾ ਹੈ। ਗੁਰੂ (ਤਾਂ) ਪਿੰਡ ਪਤਲਿ, ਕਿਰਿਆ,ਦੀਵਾ ਅਤੇ ਫੁੱਲ—ਇਹਨਾਂ ਸਭਨਾਂ ਨੂੰ ਸਤਸੰਗ ਤੋਂ ਸਦਕੇ ਕਰਦਾ ਹੈ।' ਅਕਾਲ ਪੁਰਖ ਨੂੰ ਪਿਆਰੇ ਲੱਗੇ ਹੋਏ ਗੁਰੂ ਨੇ (ਉਸ ਵੇਲੇ) ਇਉਂ ਆਖਿਆ।

ਸਤਿਗੁਰੂ ਨੂੰ ਸੁਜਾਣ ਅਕਾਲ ਪੁਰਖ ਮਿਲ ਪਿਆ। ਗੁਰੂ ਅਮਰਦਾਸ ਜੀ ਨੇ ਸੋਢੀ (ਗੁਰੂ) ਰਾਮਦਾਸ ਜੀ ਨੂੰ (ਗੁਰਿਆਈ ਦਾ) ਤਿਲਕ (ਅਤੇ) ਗੁਰੂ ਦਾ ਸ਼ਬਦ-ਰੂਪ ਸੱਚੀ ਰਾਹਦਾਰੀ ਬਖ਼ਸ਼ੀ। ੫।

ਨੋਟ! ਸ਼ਬਦ 'ਪੰਡਿਤ' ਸੰਬੰਧੀ ਇੱਕ ਗੱਲ ਹੋਰ ਭੀ ਚੇਤੇ ਰੱਖਣ ਵਾਲੀ ਹੈ। ਹਿੰਦੂ-ਮਤ ਅਨੁਸਾਰ ਹਰੇਕ ਹਿੰਦੂ ਨੂੰ 'ਪੰਡਿਤ' ਦੀ ਲੋੜ ਸਾਰੀ ਜ਼ਿੰਦਗੀ ਵਿਚ ਦੋ ਵਾਰੀ ਪੈਂਦੀ ਹੈ—ਵਿਆਹ ਵੇਲੇ, ਅਤੇ ਮਰਨ ਪਿੱਛੋਂ 'ਕਿਰਿਆ' ਆਦਿਕ ਵੇਲੇ। ਕਈ ਅਮੀਰ ਲੋਕ ਬਾਲਕ ਜਨਮਣ ਤੇ ਭੀ 'ਪੰਡਿਤ' ਪਾਸੋਂ ਜਨਮ-ਪੱਤ੍ਰੀ ਆਦਿਕ ਬਣਵਾਂਦੇ ਹਨ, ਪਰ ਇਸ ਤੋਂ ਬਿਨਾ ਭੀ ਕੰਮ ਸਰ ਸਕਦਾ ਹੈ,ਵਿਆਹ ਅਤੇ ਮਰਨਾ 'ਪੰਡਿਤ' ਤੋਂ ਬਿਨਾ ਨਹੀਂ ਹੋ ਸਕਦਾ।

ਹਿੰਦੂ-ਮਤ ਨੂੰ ਲੈ ਕੇ ਸਤਿਗੁਰੂ ਜੀ ਨੇ ਭੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ 'ਆਪਣੇ ਅਕਾਲ ਪੁਰਖ ਦੇ ਪੰਡਿਤਾਂ' (ਭਾਵ, 'ਗੁਰਮੁਖ' ਸਤਸੰਗੀਆਂ) ਦਾ ਵਿਚੋਲਾਪਨ ਦੱਸਿਆ ਹੈ। ਮਰਨ ਵੇਲੇ ਦਾ ਜ਼ਿਕਰ ਤਾਂ ਇਸ ਸੱਦ ਵਿਚ ਆ ਗਿਆ ਹੈ। 'ਆਤਮਕ ਵਿਆਹ' ਦਾ ਜ਼ਿਕਰ ਭੀ ਇਸੇ ਤਰ੍ਹਾਂ ਇਉਂ ਮਿਲਦਾ ਹੈ:—

"ਆਇਆ ਲਗਨੁ ਗਣਾਇ ਹਿਰਦੇ ਧਨ ਓਮਾਹੀਆ ਬਲਿਰਾਮ

ਜੀਉ ॥ 'ਪੰਡਿਤ ਪਾਧੇ' ਆਣਿ ਪਤੀ ਬਹਿ ਵਾਚਾਈਆ ਬਲਿਰਾਮ ਜੀਉ ॥ ਪਤੀ ਵਾਚਾਈ ਮਨਿ ਵਜੀ ਵਧਾਈ ਜਬ ਸਾਜਨ ਸੁਣੇ ਘਰਿ ਆਏ ॥ ਗੁਣੀ ਗਿਆਨੀ ਬਹਿ ਮਤਾ ਪਕਾਇਆ ਫੇਰੇ ਤਤੁ ਦਿਵਾਏ ॥ ਵਰੁ ਪਾਇਆ ਪੁਰਖੁ ਅਗੰਮੁ ਅਗੋਚਰੁ ਸਦ ਨਵਤਨੁ ਬਾਲ ਸਖਾਈ ॥ ਨਾਨਕ ਕਿਰਪਾ ਕਰਿ ਕੈ ਮੇਲੇ ਵਿਛੁੜਿ ਕਦੇ ਨ ਜਾਈ ॥'' ੪ ॥ ੧ ॥

ਸੂਹੀ ਮ: ੪ ਛੰਤ ਘਰੁ ੧ ॥

ਇਥੇ ਪ੍ਰਤੱਖ ਤੌਰ ਤੇ ਪੰਡਿਤ' ਤੋਂ ਭਾਵ 'ਗੁਰਮੁਖਿ-ਜਨ' ਹੈ। ਬੱਸ ! ਸਾਰੀ ਬਾਣੀ ਵਿਚ ਕੇਵਲ ਇਹਨੀਂ ਦੋਹੀਂ ਥਾਈਂ 'ਰੱਬੀ ਪੰਡਿਤਾਂ' ਦਾ ਜ਼ਿਕਰ ਆਇਆ ਹੈ ।

ਸਤਿਗੁਰੁ ਪੁਰਖੁ ਜਿ ਬੋਲਿਆ, ਗੁਰਸਿਖਾ ਮੰਨਿ ਲਈ ਰਜਾਇ ਜੀਉ॥ ਮੋਹਰੀ ਪੁਤੁ ਸਨਮੁਖੁ ਹੋਇਆ, ਰਾਮਦਾਸੈ ਪੈਰੀ ਪਾਇ ਜੀਉ ॥ ਸਭ ਪਵੈ ਪੈਰੀ ਸਤਿਗੁਰੂ ਕੇਰੀ, ਜਿਥੈ ਗੁਰੂ ਆਪੁ ਰਖਿਆ ॥ ਕੋਈ ਕਰਿ ਬਖੀਲੀ ਨਿਵੈ ਨਾਹੀ, ਫਿਰਿ ਸਤਿਗੁਰੂ ਆਣਿ ਨਿਵਾਇਆ ॥ ਹਰਿ ਗੁਰਹਿ ਭਾਣਾ ਦੀਈ ਵਡਿਆਈ, ਧੁਰਿ ਲਿਖਿਆ ਲੇਖੁ ਰਜਾਇ ਜੀਉ॥ਕਹੈ ਸੁੰਦਰੁ ਸੁਣਹੁ ਸੰਤਹੁ, ਸਭੁ ਜਗਤੁ ਪੈਰੀ ਪਾਇ ਜੀਉ ॥ ੬ ॥ ੧ ॥ [ਪੰਨਾ ੯੨੩]

ਪਦ ਅਰਥ :–ਸਤਿਗੁਰੁ ਪੁਰਖੁ–ਪੂਰਾ ਗੁਰੂ,ਗੁਰੂ ਅਮਰਦਾਸ। ਰਜਾਇ–(ਗੁਰੂ ਦਾ) ਹੁਕਮ। ਰਾਮਦਾਸੈ ਪੈਰੀ–ਗੁਰੂ ਰਾਮਦਾਸ ਜੀ ਦੇ ਚਰਨਾਂ ਤੇ। ਪਾਇ–ਪੈ ਕੇ । ਸਨਮੁਖੁ ਹੋਇਆ–(ਗੁਰੂ ਅਮਰਦਾਸ ਜੀ ਦੇ) ਸਾਮ੍ਹਣੇ ਸੁਰਖ਼ਰੂ ਹੋ ਕੇ ਖਲੋਤਾ। ਸਭ– ਸਾਰੀ ਲੋਕਾਈ। ਕੇਰੀ–ਦੀ। ਸਤਿਗੁਰੂ ਕੇਰੀ–ਗੁਰੂ ਰਾਮਦਾਸ ਜੀ ਦੀ। ਜਿਥੈ–ਕਿਉਂਕਿ ਓਥੇ, ਕਿਉਂਕਿ ਗੁਰੂ ਰਾਮਦਾਸ ਜੀ ਵਿਚ। ਆਪੁ–(ਗੁਰੂ ਅਮਰਦਾਸ ਜੀ ਨੇ) ਆਪਣੇ ਆਪ ਨੂੰ, ਆਪਣਾ ਆਤਮਾ। ਬਖੀਲੀ–ਨਿੰਦਾ। ਆਣਿ–ਲਿਆ ਕੇ। ਗੁਰਹਿ ਭਾਣਾ– ਗੁਰੂ (ਅਮਰਦਾਸ ਜੀ ਨੂੰ) ਚੰਗਾ ਲੱਗਾ। ਦੀਈ–ਦਿੱਤੀ (ਗੁਰੂ ਰਾਮਦਾਸ ਜੀ ਨੂੰ)। ਲੇਖੁ ਰਜਾਇ–ਅਕਾਲ ਪੁਰਖ ਦਾ ਹੁਕਮ। ਪੈਰੀ ਪਾਇ–(ਗੁਰੂ ਰਾਮਦਾਸ ਜੀ ਦੇ) ਪੈਰਾਂ ਉੱਤੇ ਪਿਆ। ੬। ੧।

ਅਰਥ :–ਜਦੋਂ ਗੁਰੂ ਅਮਰਦਾਸ ਜੀ ਨੇ ਬਚਨ ਕੀਤਾ (ਕਿ ਸਾਰੇ ਗੁਰੂ ਰਾਮਦਾਸ ਜੀ ਦੇ ਚਰਨੀਂ ਲੱਗਣ, ਤਾਂ) ਗੁਰਸਿੱਖਾਂ ਨੇ (ਗੁਰੂ ਅਮਰਦਾਸ ਜੀ ਦਾ) ਹੁਕਮ ਮੰਨ ਲਿਆ। (ਸਭ ਤੋਂ ਪਹਿਲਾਂ) (ਗੁਰੂ ਅਮਰਦਾਸ ਜੀ ਦੇ) ਪੁੱਤ੍ਰ (ਬਾਬਾ) ਮੋਹਰੀ ਜੀ ਗੁਰੂ ਰਾਮਦਾਸ ਜੀ ਦੇ ਪੈਰਾਂ ਤੇ ਪੈ ਕੇ (ਪਿਤਾ ਦੇ)ਸਾਮ੍ਹਣੇ ਸੁਰਖ਼ਰੂ ਹੋ ਕੇ ਆ ਖਲੋਤੇ। ਗੁਰੂ

ਰਾਮਦਾਸ ਜੀ ਵਿਚ ਗੁਰੂ (ਅਮਰਦਾਸ ਜੀ) ਨੇ ਆਪਣੀ ਆਤਮਾ ਟਿਕਾ ਦਿੱਤੀ, (ਇਸ ਵਾਸਤੇ) ਸਾਰੀ ਲੋਕਾਈ ਗੁਰੂ (ਰਾਮਦਾਸ ਜੀ) ਦੀ ਪੈਰੀਂ ਆ ਪਈ। ਜੇ ਕੋਈ ਨਿੰਦਾ ਕਰ ਕੇ (ਪਹਿਲਾਂ) ਨਹੀਂ ਸੀ ਭੀ ਨਿੰਵਿਆ, ਉਸ ਨੂੰ ਭੀ ਗੁਰੂ ਅਮਰਦਾਸ ਜੀ ਨੇ ਲਿਆ ਕੇ ਆ ਪੈਰੀਂ ਪਾਇਆ।

ਸੁੰਦਰ ਆਖਦਾ ਹੈ—ਹੇ ਸੰਤਹੁ ! ਸੁਣੋ, ਅਕਾਲ ਪੁਰਖ ਅਤੇ ਗੁਰੂ ਅਮਰਦਾਸ ਜੀ ਨੂੰ (ਇਹੀ) ਚੰਗਾ ਲੱਗਾ, (ਉਹਨਾਂ ਗੁਰੂ ਰਾਮਦਾਸ ਜੀ ਨੂੰ) ਵਡਿਆਈ ਬਖ਼ਸ਼ੀ; ਧੁਰੋਂ ਅਕਾਲ ਪੁਰਖ ਦਾ ਇਹੀ ਹੁਕਮ ਲਿਖਿਆ ਆਇਆ ਸੀ; (ਇਸ ਵਾਸਤੇ) ਸਾਰਾ ਜਗਤ (ਗੁਰੂ ਰਾਮਦਾਸ ਜੀ ਦੀ) ਪੈਰੀਂ ਪਿਆ। ੬। ੧।

ਰਾਮਕਲੀ ਮਹਲਾ ੫ ਛੰਤ

ੴ ਸਤਿਗੁਰਪ੍ਰਸਾਦਿ ॥ ਸਾਜਨੜਾ ਮੇਰਾ ਸਾਜਨੜਾ ਨਿਕਟਿ ਖਲੋਇਅੜਾ ਮੇਰਾ ਸਾਜਨੜਾ ॥ ਜਾਨੀਅੜਾ ਹਰਿ ਜਾਨੀਅੜਾ ਨੈਣ ਅਲੋਇਅੜਾ ਹਰਿ ਜਾਨੀਅੜਾ ॥ ਨੈਣ ਅਲੋਇਆ ਘਟਿ ਘਟਿ ਸੋਇਆ ਅਤਿ ਅੰਮ੍ਰਿਤ ਪ੍ਰਿਅ ਗੂੜਾ ॥ ਨਾਲਿ ਹੋਵੰਦਾ ਲਹਿ ਨ ਸਕੰਦਾ ਸੁਆਉ ਨ ਜਾਣੈ ਮੂੜਾ ॥ ਮਾਇਆ ਮਦਿ ਮਾਤਾ ਹੋਛੀ ਬਾਤਾ ਮਿਲਣੁ ਨ ਜਾਈ ਭਰਮ ਧੜਾ ॥ ਕਹੁ ਨਾਨਕ ਗੁਰ ਬਿਨੁ ਨਾਹੀ ਸੂਝੈ ਹਰਿ ਸਾਜਨੁ ਸਭ ਕੈ ਨਿਕਟਿ ਖੜਾ ॥ ੧ ॥ [੯੨੪]

ਪਦ ਅਰਥ :—ਸਾਜਨੜਾ—ਪਿਆਰਾ ਸੱਜਣ। ਨਿਕਟਿ—ਨੇੜੇ, ਕੋਲ, ਅੰਗ-ਸੰਗ। ਖਲੋਇਅੜਾ—ਖਲੋਤਾ ਹੋਇਆ ਹੈ। ਜਾਨੀ—ਜਿੰਦ ਦਾ ਮਾਲਕ, ਜਿੰਦ ਤੋਂ ਭੀ ਪਿਆਰਾ। ਜਾਨੀਅੜਾ—ਜਿੰਦ ਤੋਂ ਭੀ ਬਹੁਤ ਪਿਆਰਾ। ਨੈਣ—ਅੱਖਾਂ ਨਾਲ। ਅਲੋਇਅੜਾ—ਵੇਖ ਲਿਆ ਹੈ। ਘਟਿ—ਹਿਰਦੇ ਵਿਚ, ਸਰੀਰ ਵਿਚ। ਘਟਿ ਘਟਿ—ਹਰੇਕ ਸਰੀਰ ਵਿਚ। ਸੋਇਆ—ਸੁੱਤਾ ਹੋਇਆ, ਗੁਪਤ ਵੱਸ ਰਿਹਾ ਹੈ। ਅਤਿ—ਬਹੁਤ। ਅੰਮ੍ਰਿਤ-ਅਮਰ ਜੀਵਨ ਵਾਲਾ, ਆਤਮਕ ਜੀਵਨ ਦੇਣ ਵਾਲਾ। ਪ੍ਰਿਅ—ਪਿਆਰਾ। ਗੂੜਾ—ਬਹੁਤ। ਪ੍ਰਿਅ ਗੂੜਾ—ਬਹੁਤ ਪਿਆਰਾ, ਗੂੜ੍ਹਾ ਮਿੱਤਰ। ਹੋਵੰਦਾ—ਹੁੰਦਾ, ਵੱਸਦਾ। ਲਹਿ—ਲੱਭਿ। ਸੁਆਉ—ਸੁਆਦ, ਆਨੰਦ। ਮੂੜ—ਮੂੜ੍ਹ, ਮੂਰਖ। ਮਦਿ—ਮਦ ਵਿਚ, ਨਸ਼ੇ ਵਿਚ। ਮਾਤਾ—ਮਸਤ। ਹੋਛੀ ਬਾਤਾ—ਥੋੜ-ਵਿਤੀਆਂ ਗੱਲਾਂ। ਧੜਾ—ਪੱਖ, ਪ੍ਰਭਾਵ। ਭਰਮ—ਭਟਕਣਾ। ਭਰਮ ਧੜਾ—ਭਰਮ ਦਾ ਪ੍ਰਭਾਵ (ਹੋਣ ਦੇ ਕਾਰਨ)। ਨਾਨਕ—ਹੇ ਨਾਨਕ ! ਸੂਝੈ—ਸੁੱਝਦਾ, ਦਿੱਸਦਾ। ਸਭ ਕੈ ਨਿਕਟਿ—ਸਭ ਜੀਵਾਂ ਦੇ ਨੇੜੇ। ਖੜਾ—ਖਲੋਤਾ ਹੈ।੧।

ਅਰਥ :—ਹੇ ਭਾਈ ! ਪਰਮਾਤਮਾ ਮੇਰਾ ਪਿਆਰਾ ਸੱਜਣ ਹੈ, ਮੇਰਾ ਪਿਆਰਾ

ਮਿੱਤਰ ਹੈ; ਉਹ ਮੇਰਾ ਪਿਆਰਾ ਸੱਜਣ (ਹਰ ਵੇਲੇ) ਮੇਰੇ ਪਾਸ ਖਲੋਤਾ ਹੋਇਆ ਹੈ। ਹੇ ਭਾਈ ! ਪਰਮਾਤਮਾ ਮੈਨੂੰ ਜਿੰਦ ਤੋਂ ਭੀ ਪਿਆਰਾ ਹੈ,ਮੈਨੂੰ ਜਾਨ ਤੋਂ ਭੀ ਪਿਆਰਾ ਹੈ, ਉਸ ਪਿਆਰੇ ਜਾਨੀ ਪ੍ਰਭੂ ਨੂੰ ਮੈਂ (ਆਪਣੀਆਂ) ਅੱਖਾਂ ਨਾਲ ਵੇਖ ਲਿਆ ਹੈ।

ਹੇ ਭਾਈ ! ਮੈਂ ਅੱਖੀਂ ਵੇਖ ਲਿਆ ਹੈ ਕਿ ਉਹ ਅੱੜ ਮਿੱਠਾ ਤੇ ਪਿਆਰਾ ਮਿੱਤਰ ਪ੍ਰਭੂ ਹਰੇਕ ਸਰੀਰ ਵਿਚ ਗੁਪਤ ਵੱਸ ਰਿਹਾ ਹੈ। ਪਰ, ਹੇ ਭਾਈ ! ਮੂਰਖ ਜੀਵ (ਉਸ ਦੇ ਮਿਲਾਪ ਦਾ) ਸੁਆਦ ਨਹੀਂ ਜਾਣਦਾ, (ਕਿਉਂਕਿ) ਉਸ ਹਰ-ਵੇਲੇ-ਨਾਲ-ਵੱਸਦੇ ਮਿੱਤਰ ਨੂੰ (ਮੂਰਖ ਮਨੁੱਖ) ਲੱਭ ਨਹੀਂ ਸਕਦਾ।

ਹੇ ਭਾਈ ! ਮੂਰਖ ਜੀਵ ਮਾਇਆ ਦੇ ਨਸ਼ੇ ਵਿਚ ਮਸਤ ਰਹਿੰਦਾ ਹੈ ਤੇ ਖੋਤ-ਵਿਤੀਆਂ ਗੱਲਾਂ ਹੀ ਕਰਦਾ ਰਹਿੰਦਾ ਹੈ। ਹੇ ਭਾਈ ! ਭਟਕਣਾ ਦਾ ਪ੍ਰਭਾਵ ਹੋਣ ਕਰਕੇ (ਉਸ ਪਿਆਰੇ ਮਿੱਤਰ ਨੂੰ) ਮਿਲਿਆ ਨਹੀਂ ਜਾ ਸਕਦਾ। ਹੇ ਨਾਨਕ ! ਆਖ-ਸੱਜਣ ਪਰਮਾਤਮਾ (ਭਾਵੇਂ) ਸਭ ਜੀਵਾਂ ਦੇ ਨੇੜੇ ਖਲੋਤਾ ਹੋਇਆ ਹੈ, ਪਰ ਗੁਰੂ ਤੋਂ ਬਿਨਾ ਉਹ ਦਿੱਸਦਾ ਨਹੀਂ। ੧।

ਗੋਬਿੰਦਾ ਮੇਰੇ ਗੋਬਿੰਦਾ ਪ੍ਰਾਣ ਅਧਾਰਾ ਮੇਰੇ ਗੋਬਿੰਦਾ ॥ ਕਿਰਪਾਲਾ ਮੇਰੇ ਕਿਰਪਾਲਾ ਦਾਨ ਦਾਤਾਰਾ ਮੇਰੇ ਕਿਰਪਾਲਾ ॥ ਦਾਨ ਦਾਤਾਰਾ ਅਪਰ ਅਪਾਰਾ ਘਟ ਘਟ ਅੰਤਰਿ ਸੋਹਨਿਆ ॥ਇਕ ਦਾਸੀ ਧਾਰੀ ਸਬਲ ਪਸਾਰੀ ਜੀਅ ਜੰਤ ਲੈ ਮੋਹਨਿਆ ॥ ਜਿਸ ਨੋ ਰਾਖੈ ਸੋ ਸਚੁ ਭਾਖੈ ਗੁਰ ਕਾ ਸਬਦੁ ਬੀਚਾਰਾ ॥ ਕਹੁ ਨਾਨਕ ਜੋ ਪ੍ਰਭ ਕਉ ਭਾਣਾ ਤਿਸ ਹੀ ਕਉ ਪ੍ਰਭੁ ਪਿਆਰਾ॥ ੨ ॥ [੯੨੪]

ਪਦ ਅਰਥ :—ਗੋਬਿੰਦਾ—ਹੇ ਗੋਬਿੰਦ ! ਪ੍ਰਾਣ ਅਧਾਰਾ—ਹੇ ਮੇਰੀ ਜ਼ਿੰਦਗੀ ਦੇ ਆਸਰੇ ! ਕਿਰਪਾਲਾ—ਹੇ ਦਇਆ ਦੇ ਘਰ ! ਅਪਰ ਅਪਾਰਾ—ਹੇ ਬੇਅੰਤ ! ਘਟ ਘਟ ਅੰਤਰਿ—ਹਰੇਕ ਘਟ ਵਿਚ। ਦਾਸੀ—ਸੇਵਕਾ, ਮਾਇਆ। ਧਾਰੀ—ਬਣਾਈ। ਸਬਲ—ਬਲ ਵਾਲੀ। ਪਸਾਰੀ—ਖਿਲਾਰਾ ਖਿਲਾਰਿਆ। ਲੈ—ਲੈ ਕੇ, ਵੱਸ ਵਿਚ ਕਰ ਕੇ। ਮੋਹਨਿਆ—ਮੋਹ ਲਏ। ਜਿਸ ਨੋ—[ਸੰਬੰਧਕ 'ਨੋ' ਦੇ ਕਾਰਨ ਲਫ਼ਜ਼ 'ਜਿਸੁ' ਦਾ ੁ ਉੱਡ ਗਿਆ ਹੈ]। ਸਚੁ—ਸਦਾ-ਥਿਰ ਹਰਿ-ਨਾਮ। ਕਉ—ਨੂੰ। ਭਾਣਾ—ਚੰਗਾ ਲੱਗਾ। ਤਿਸ ਹੀ—[ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ]। ੨।

ਅਰਥ :—ਹੇ ਗੋਬਿੰਦ ! ਹੇ ਮੇਰੇ ਗੋਬਿੰਦ ! ਹੇ ਮੇਰੀ ਜ਼ਿੰਦਗੀ ਦੇ ਆਸਰੇ ਗੋਬਿੰਦ! ਹੇ ਦਇਆ ਦੇ ਘਰ ! ਹੇ ਮੇਰੇ ਕਿਰਪਾਲ ! ਹੇ ਸਭ ਦਾਤਾਂ ਦੇਣ ਵਾਲੇ ਮੇਰੇ ਕਿਰਪਾਲ ! ਹੇ ਸਭ ਦਾਤਾਂ ਦੇਣ ਵਾਲੇ ! ਹੇ ਬੇਅੰਤ ! ਹੇ ਹਰੇਕ ਸਰੀਰ ਵਿਚ ਵੱਸ ਰਹੇ ਪ੍ਰਭੂ ! ਤੂੰ ਮਾਇਆ-ਦਾਸੀ ਪੈਦਾ ਕੀਤੀ, ਉਸ ਨੇ ਬੜਾ ਬਲ ਵਾਲਾ ਖਿਲਾਰਾ ਖਿਲਾਰਿਆ ਹੈ ਤੇ

ਸਭ ਜੀਵਾਂ ਨੂੰ ਆਪਣੇ ਵੱਸ ਵਿਚ ਕਰ ਕੇ ਮੋਹ ਰੱਖਿਆ ਹੈ।

ਹੇ ਨਾਨਕ! ਆਖ—(ਹੇ ਭਾਈ!) ਜਿਸ ਮਨੁੱਖ ਨੂੰ ਪਰਮਾਤਮਾ (ਇਸ ਦਾਸੀ-ਮਾਇਆ ਤੋਂ) ਬਚਾ ਰੱਖਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਨੂੰ ਸਿਮਰਦਾ ਰਹਿੰਦਾ ਹੈ, ਗੁਰੂ ਦੇ ਸ਼ਬਦ ਨੂੰ ਆਪਣੀ ਸੁਰਤਿ ਵਿਚ ਟਿਕਾਈ ਰੱਖਦਾ ਹੈ। ਹੇ ਭਾਈ! ਜਿਹੜਾ ਮਨੁੱਖ ਪਰਮਾਤਮਾ ਨੂੰ ਚੰਗਾ ਲੱਗਦਾ ਹੈ ਉਸੇ ਨੂੰ ਹੀ ਪਰਮਾਤਮਾ ਪਿਆਰਾ ਲੱਗਦਾ ਹੈ। ੨।

ਮਾਣੋ ਪ੍ਰਭ ਮਾਣੋ ਮੇਰੇ ਪ੍ਰਭ ਕਾ ਮਾਣੋ ॥ ਜਾਣੋ ਪ੍ਰਭੁ ਜਾਣੋ ਸੁਆਮੀ ਸੁਘੜੁ ਸੁਜਾਣੋ॥ ਸੁਘੜ ਸੁਜਾਨਾ ਸਦ ਪਰਧਾਨਾ ਅੰਮ੍ਰਿਤੁ ਹਰਿ ਕਾ ਨਾਮਾ॥ ਚਾਖਿ ਅਘਾਣੇ ਸਾਰਿਗਪਾਣੇ ਜਿਨ ਕੈ ਭਾਗ ਮਥਾਨਾ ॥ ਤਿਨ ਹੀ ਪਾਇਆ ਤਿਨਹਿ ਧਿਆਇਆ ਸਗਲ ਤਿਸੈ ਕਾ ਮਾਣੋ ॥ ਕਹੁ ਨਾਨਕ ਥਿਰੁ ਤਖਤਿ ਨਿਵਾਸੀ ਸਚੁ ਤਿਸੈ ਦੀਬਾਣੋ ॥ ੩ ॥ [੯੨੪]

ਪਦ ਅਰਥ :—ਮਾਣੋ—ਮਾਣੁ, ਫ਼ਖ਼ਰ। ਜਾਣੋ—ਜਾਣੁ, ਸੁਜਾਨ। ਸੁਘੜੁ—ਸੁ-ਘੜੁ, ਸੋਹਣੀ ਘਾੜਤ ਵਾਲਾ, ਸਿਆਣਾ।

ਸਦ—ਸਦਾ। ਪਰਧਾਨਾ—ਮੰਨਿਆ ਪਰਮੰਨਿਆ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ। ਚਾਖਿ—ਚੱਖ ਕੇ। ਅਘਾਣੇ—ਰੱਜ ਜਾਂਦੇ ਹਨ। ਸਾਰਿਗਪਾਣੇ—[ਸਾਰਿਗ—ਧਨੁਖ। ਪਾਣਿ—ਹੱਥ। ਜਿਸ ਦੇ ਹੱਥ ਵਿਚ ਧਨੁਖ ਹੈ, ਧਨੁਖ-ਧਾਰੀ] ਪਰਮਾਤਮਾ। ਜਿਨ ਕੈ ਮਥਾਨਾ—ਜਿਨ੍ਹਾਂ ਦੇ ਮੱਥੇ ਉਥੇ। ਸਗਲ—ਸਭ ਜੀਵਾਂ ਨੂੰ। ਥਿਰੁ—ਸਦਾ ਕਾਇਮ ਰਹਿਣ ਵਾਲਾ। ਤਖਤਿ—ਤਖ਼ਤ ਉਤੇ। ਤਿਸੈ—ਉਸ ਦਾ ਹੀ। ਦੀਬਾਣੋ—ਦੀਬਾਣੁ ਦਰਬਾਰ, ਕਚਹਿਰੀ। ੩।

ਅਰਥ :—(ਹੇ ਭਾਈ! ਸਭ ਜੀਵਾਂ ਨੂੰ) ਪ੍ਰਭੂ (ਦੇ ਆਸਰੇ) ਦਾ ਹੀ ਮਾਣ-ਫ਼ਖ਼ਰ ਹੋ ਸਕਦਾ ਹੈ, ਪ੍ਰਭੂ ਹੀ (ਸਭ ਦੇ ਦਿਲਾਂ ਦੀ) ਜਾਣਨ ਵਾਲਾ ਮਾਲਕ ਹੈ ਸਿਆਣਾ ਹੈ ਸੁਜਾਨ ਹੈ।

ਹੇ ਭਾਈ! ਪਰਮਾਤਮਾ ਸਿਆਣਾ ਹੈ ਸੁਜਾਣ ਹੈ ਸਦਾ ਮੰਨਿਆ-ਪਰਮੰਨਿਆ ਹੈ; ਉਸ ਦਾ ਨਾਮ ਆਤਮਕ ਜੀਵਨ ਦੇਣ ਵਾਲਾ ਹੈ। ਜਿਨ੍ਹਾਂ (ਬੰਦਿਆਂ) ਦੇ ਮੱਥੇ ਦੇ ਭਾਗ ਜਾਗਦੇ ਹਨ ਉਹ ਉਸ ਧਨੁਖ-ਧਾਰੀ ਪਰਮਾਤਮਾ ਦਾ ਨਾਮ-ਅੰਮ੍ਰਿਤ ਚੱਖ ਕੇ (ਮਾਇਆ ਦੀ ਭੁੱਖ ਵਲੋਂ) ਰੱਜ ਜਾਂਦੇ ਹਨ। ਉਹਨਾਂ ਬੰਦਿਆਂ ਨੇ ਹੀ ਉਸ ਪ੍ਰਭੂ ਨੂੰ ਲੱਭ ਲਿਆ ਹੈ, ਉਹਨਾਂ ਨੇ ਹੀ ਉਸ ਦਾ ਨਾਮ ਸਿਮਰਿਆ ਹੈ।

ਹੇ ਭਾਈ! ਸਭ ਜੀਵਾਂ ਨੂੰ ਪ੍ਰਭੂ ਦੇ ਆਸਰੇ ਦਾ ਹੀ ਮਾਣ-ਫ਼ਖ਼ਰ ਹੈ। ਹੇ ਨਾਨਕ! ਆਖ—ਪ੍ਰਭੂ ਸਦਾ ਕਾਇਮ ਰਹਿਣ ਵਾਲਾ ਹੈ, (ਸਦਾ ਆਪਣੇ) ਤਖ਼ਤ ਉਤੇ ਟਿਕਿਆ

ਰਹਿਣ ਵਾਲਾ ਹੈ। (ਸਿਰਫ਼) ਉਸ ਦਾ ਹੀ ਦਰਬਾਰ ਸਦਾ ਕਾਇਮ ਰਹਿਣ ਵਾਲਾ ਹੈ। ।੩।

ਮੰਗਲਾ ਹਰਿ ਮੰਗਲਾ ਮੇਰੇ ਪ੍ਰਭ ਕੈ ਸੁਣੀਐ ਮੰਗਲਾ ॥ ਸੋਹਿਲੜਾ ਪ੍ਰਭ ਸੋਹਿਲੜਾ ਅਨਹਦ ਧੁਨੀਐ ਸੋਹਿਲੜਾ ॥ ਅਨਹਦ ਵਾਜੇ ਸਬਦ ਅਗਾਜੇ ਨਿਤ ਨਿਤ ਜਿਸਹਿ ਵਧਾਈ ॥ ਸੋ ਪ੍ਰਭੁ ਧਿਆਈਐ ਸਭੁ ਕਿਛੁ ਪਾਈਐ ਮਰੈ ਨ ਆਵੈ ਜਾਈ ॥ ਚੂਕੀ ਪਿਆਸਾ ਪੂਰਨ ਆਸਾ ਗੁਰਮੁਖਿ ਮਿਲੁ ਨਿਰਗੁਨੀਐ ॥ ਕਹੁ ਨਾਨਕ ਘਰਿ ਪ੍ਰਭ ਮੇਰੇ ਕੈ ਨਿਤ ਨਿਤ ਮੰਗਲੁ ਸੁਨੀਐ ॥ ੪ ॥ ੧ ॥ [ਪੰਨਾ ੯੨੪]

ਪਦ ਅਰਥ :-ਮੰਗਲਾ-ਮੰਗਲ, ਖ਼ੁਸ਼ੀ।ਮੇਰੇ ਪ੍ਰਭ ਕੈ-ਮੇਰੇ ਪ੍ਰਭੂ ਕੈ ਘਰਿ-ਮੇਰੇ ਪ੍ਰਭੂ ਦੇ ਘਰ ਵਿਚ । ਸੁਣੀਐ-ਸੁਣਿਆ ਜਾਂਦਾ ਹੈ, ਸੰਤ ਜਨ ਆਖਦੇ ਹਨ ਕਿ। ਸੋਹਿਲੜਾ-ਮਿੱਠਾ ਸੋਹਿਲਾ, ਸਿਫ਼ਤਿ ਸਾਲਾਹ ਦਾ ਮਿੱਠਾ ਗੀਤ, ਖ਼ੁਸ਼ੀ ਦਾ ਮਿੱਠਾ ਗੀਤ। ਅਨਹਦ- [अनहत] ਬਿਨਾ ਵਜਾਏ ਵੱਜਣ ਵਾਲਾ, ਇੱਕ-ਰਸ। ਧੁਨੀਐ-ਧੁਨਿ ਵਾਲਾ, ਸੁਰ ਵਾਲਾ। ਅਨਹਦ ਵਾਜੇ ਸਬਦ-ਸਬਦ ਦੇ ਅਨਹਦ ਵਾਜੇ, ਸਿਫ਼ਤਿ ਸਾਲਾਹ ਦੇ ਇਕ-ਰਸ ਵਾਜੇ। ਅਗਾਜੇ-ਗੱਜ ਰਹੇ ਹਨ, ਜ਼ੋਰ ਨਾਲ ਵੱਜ ਰਹੇ ਹਨ। ਜਿਸਹਿ-ਜਿਸ ਪਰਮਾਤਮਾ ਦੀ। ਵਧਾਈ-ਚੜ੍ਹਦੀ ਕਲਾ। ਨ ਆਵੈ ਜਾਈ-ਨ ਆਵੈ ਨ ਜਾਈ, ਨਾਂਹ ਜੰਮਦਾ ਹੈ ਨਾਂਹ ਮਰਦਾ ਹੈ। ਸਭੁ ਕਿਛੁ-ਹਰੇਕ ਚੀਜ਼।

ਚੂਕੀ-ਮੁੱਕ ਗਈ । ਗੁਰਮੁਖਿ-ਗੁਰੂ ਦੀ ਸਰਨ ਪੈ ਕੇ। ਮਿਲੁ-ਮੇਲ ਕਰ। ਨਿਰਗੁਨੀਐ-ਮਾਇਆ ਦੇ ਤਿੰਨ ਗੁਣਾਂ ਦੇ ਪ੍ਰਭਾਵ ਤੋਂ ਪਰੇ ਰਹਿਣ ਵਾਲੇ ਨੂੰ। ੪।

ਅਰਥ :-ਹੇ ਭਾਈ ! ਸੰਤ ਜਨ ਆਖਦੇ ਹਨ ਕਿ ਮੇਰੇ ਪ੍ਰਭੂ ਦੇ ਘਰ ਵਿਚ ਖ਼ੁਸ਼ੀ ਸਦਾ ਖ਼ੁਸ਼ੀ ਹੀ ਰਹਿੰਦੀ ਹੈ। ਉਸ ਪ੍ਰਭੂ ਦੇ ਘਰ ਵਿਚ ਇਕ-ਰਸ ਸੁਰ ਵਾਲਾ ਸਿਫ਼ਤਿ ਸਾਲਾਹ ਦਾ ਮਿੱਠਾ ਗੀਤ ਸਦਾ ਹੁੰਦਾ ਰਹਿੰਦਾ ਹੈ।

ਹੇ ਭਾਈ ! ਜਿਸ ਪ੍ਰਭੂ ਦੀ ਸਦਾ ਹੀ ਚੜ੍ਹਦੀ ਕਲਾ ਰਹਿੰਦੀ ਹੈ, ਉਸ ਦੇ ਘਰ ਵਿਚ ਉਸ ਦੀ ਸਿਫ਼ਤਿ ਸਾਲਾਹ ਦੇ ਇਕ ਰਸ ਵਾਜੇ ਵੱਜਦੇ ਰਹਿੰਦੇ ਹਨ। ਹੇ ਭਾਈ ! ਉਹ ਪਰਮਾਤਮਾ (ਕਦੇ) ਮਰਦਾ ਨਹੀਂ, ਉਹ ਨਾਂਹ ਜੰਮਦਾ ਹੈ ਨਾਂਹ ਮਰਦਾ ਹੈ। ਉਸ ਪ੍ਰਭੂ ਨੂੰ ਸਦਾ ਸਿਮਰਨਾ ਚਾਹੀਦਾ ਹੈ (ਜੇ ਉਸ ਦਾ ਸਿਮਰਨ ਕਰਦੇ ਰਹੀਏ, ਤਾਂ ਉਸ ਦੇ ਦਰ ਤੋਂ) ਹਰੇਕ (ਮੂੰਹ-ਮੰਗੀ) ਚੀਜ਼ ਹਾਸਲ ਕਰ ਲਈਦੀ ਹੈ।

(ਹੇ ਭਾਈ ! ਜਿਹੜਾ ਮਨੁੱਖ ਉਸ ਦਾ ਸਿਮਰਨ ਕਰਦਾ ਹੈ ਉਸ ਦੀ ਮਾਇਆ ਦੀ) ਤ੍ਰਿਸ਼ਨਾ ਮੁੱਕ ਜਾਂਦੀ ਹੈ, ਉਸ ਦੀ (ਹਰੇਕ) ਆਸ ਪੂਰੀ ਹੋ ਜਾਂਦੀ ਹੈ। (ਹੇ ਭਾਈ ! ਤੂੰ

ਭੀ) ਗੁਰੂ ਦੀ ਸਰਨ ਪੈ ਕੇ ਉਸ ਮਾਇਆ-ਰਹਿਤ (ਨਿਰਲੇਪ) ਪਰਮਾਤਮਾ ਦਾ ਮਿਲਾਪ ਹਾਸਲ ਕਰ। ਹੇ ਨਾਨਕ ! ਆਖ–(ਇਹ ਗੱਲ ਗੁਰਮੁਖਾਂ ਦੇ ਮੂੰਹੋਂ) ਸੁਣੀ ਜਾ ਰਹੀ ਹੈ ਕਿ ਮੇਰੇ ਪ੍ਰਭੂ ਦੇ ਘਰ ਵਿਚ ਸਦਾ ਹੀ ਖ਼ੁਸ਼ੀ ਰਹਿੰਦੀ ਹੈ। ੪। ੧।

ਰਾਮਕਲੀ ਮਹਲਾ ੫ ॥ ਹਰਿ ਹਰਿ ਧਿਆਇ ਮਨਾ ਖਿਨੁ ਨ ਵਿਸਾਰੀਐ ॥ ਰਾਮ ਰਾਮਾ ਰਾਮ ਰਮਾ ਕੰਠਿ ਉਰ ਧਾਰੀਐ ॥ ਉਰਧਾਰਿ ਹਰਿ ਹਰਿ ਪੁਰਖੁ ਪੂਰਨੁ ਪਾਰਬ੍ਰਹਮੁ ਨਿਰੰਜਨੋ ॥ ਭੈ ਦੂਰਿ ਕਰਤਾ ਪਾਪ ਹਰਤਾ ਦੁਸਹ ਦੁਖ ਭਵ ਖੰਡਨੋ ॥ ਜਗਦੀਸ ਈਸ ਗੁੋਪਾਲ ਮਾਧੋ ਗੁਣ ਗੋੁਵਿੰਦ ਵੀਚਾਰੀਐ॥ਬਿਨਵੰਤਿ ਨਾਨਕ ਮਿਲਿ ਸੰਗਿ ਸਾਧੂ ਦਿਨਸੁ ਰੈਨਿ ਚਿਤਾਰੀਐ ॥ ੧ ॥ [੯੨੪]

ਪਦ ਅਰਥ :–ਮਨਾ–ਹੇ ਮਨ ! ਨ ਵਿਸਾਰੀਐ–ਭੁਲਾਣਾ ਨਹੀਂ ਚਾਹੀਦਾ। ਰਮਾ–ਸੁੰਦਰ, ਸੋਹਣਾ। ਕੰਠਿ–ਗਲ ਵਿਚ। ਉਰ–ਹਿਰਦਾ।ਪੁਰਖੁ–ਸਰਬ-ਵਿਆਪਕ। ਪੂਰਨੁ–ਸਭ ਗੁਣਾਂ ਦਾ ਮਾਲਕ। ਨਿਰੰਜਨੋ–ਨਿਰ-ਅੰਜਨ, (ਮਾਇਆ ਦੇ ਮੋਹ ਦੀ) ਕਾਲਖ ਤੋਂ ਰਹਿਤ, ਨਿਰਲੇਪ। ਭੈ–ਸਾਰੇ ਡਰ। ['ਭਉ' ਤੋਂ ਬਹੁ ਬਚਨ] ਕਰਤਾ–ਕਰਨ ਵਾਲਾ। ਹਰਤਾ–ਨਾਸ ਕਰਨ ਵਾਲਾ। ਦੁਸਹ–ਦੁੱਸਹ, ਮੁਸ਼ਕਿਲ ਨਾਲ ਸਹਾਰੇ ਜਾ ਸਕਣ ਵਾਲੇ। ਭਵ ਖੰਡਨੋ–ਜਨਮਾਂ ਦੇ ਗੇੜ ਦਾ ਨਾਸ ਕਰਨ ਵਾਲਾ। ਜਗਦੀਸ–ਜਗਤ ਦੇ ਮਾਲਕ ਦੇ। ਈਸ–ਮਾਲਕ ਦੇ ਗੁੋਪਾਲ–[ਅੱਖਰ 'ਗ' ਦੇ ਨਾਲ ਦੋ ਲਗਾਂ ਹਨ– ੋ ਅਤੇ ੁ। ਅਸਲ ਲਫ਼ਜ਼ 'ਗੋਪਾਲ' ਹੈ, ਇਥੇ 'ਗੁਪਾਲ' ਪੜ੍ਹਨਾ ਹੈ]। ਮਾਧੋ–[ਮਾ-ਧਵ] ਮਾਇਆ ਦਾ ਪਤੀ। ਵੀਚਾਰੀਐ–ਵਿਚਾਰ ਕਰਨਾ ਚਾਹੀਦਾ ਹੈ, ਚਿੱਤ ਵਿਚ ਵਸਾਣਾ ਚਾਹੀਦਾ ਹੈ। ਬਿਨਵੰਤਿ–ਬੇਨਤੀ ਕਰਦਾ ਹੈ। ਮਿਲਿ–ਮਿਲ ਕੇ (ਲਫ਼ਜ਼ 'ਮਿਲਿ' ਅਤੇ 'ਮਿਲੁ' ਦਾ ਫ਼ਰਕ ਚੇਤੇ ਰੱਖੋ]। ਸੰਗਿ ਸਾਧੂ–ਗੁਰੂ ਦੀ ਸੰਗਤਿ ਵਿਚ। ਰੈਨਿ–ਰਾਤ। ੧।

ਅਰਥ :–ਹੇ (ਮੇਰੇ) ਮਨ ! ਸਦਾ ਹੀ ਪਰਮਾਤਮਾ ਦਾ ਧਿਆਨ ਧਰਨਾ ਚਾਹੀਦਾ ਹੈ, ਰਤਾ ਜਿਤਨੇ ਸਮੇ ਲਈ ਭੀ ਉਸ ਨੂੰ ਭੁਲਾਣਾ ਨਹੀਂ ਚਾਹੀਦਾ। ਹੇ ਭਾਈ ! ਉਸ ਸੋਹਣੇ ਰਾਮ ਨੂੰ ਸਦਾ ਹੀ ਗਲ ਵਿਚ ਹਿਰਦੇ ਵਿਚ ਪ੍ਰੋ ਰੱਖਣਾ ਚਾਹੀਦਾ ਹੈ। ਹੇ ਭਾਈ ! ਸਭ ਗੁਣਾਂ ਦੇ ਮਾਲਕ ਪਾਰਬ੍ਰਹਮ ਨਿਰਲੇਪ ਹਰੀ ਸਰਬ-ਵਿਆਪਕ ਹਰੀ ਨੂੰ ਸਦਾ ਆਪਣੇ ਹਿਰਦੇ ਵਿਚ ਪ੍ਰੋਈ ਰੱਖ। ਉਹ ਹਰੀ ਸਾਰੇ ਡਰਾਂ ਦਾ ਦੂਰ ਕਰਨ ਵਾਲਾ ਹੈ, ਸਾਰੇ ਪਾਪ ਨਾਸ ਕਰਨ ਵਾਲਾ ਹੈ, ਜਨਮ ਮਰਨ ਦੇ ਗੇੜ ਨੂੰ ਮੁਕਾਣ ਵਾਲਾ ਹੈ, ਉਹਨਾਂ ਦੁੱਖਾਂ ਦਾ ਨਾਸ ਕਰਨ ਵਾਲਾ ਹੈ ਜੋ ਬੜੀ ਔਖਿਆਈ ਨਾਲ ਸਹਾਰੇ ਜਾ ਸਕਦੇ ਹਨ।

ਨਾਨਕ ਬੇਨਤੀ ਕਰਦਾ ਹੈ–(ਹੇ ਭਾਈ !) ਜਗਤ ਦੇ ਮਾਲਕ, ਸਭ ਦੇ ਮਾਲਕ, ਸ੍ਰਿਸ਼ਟੀ ਦੇ ਪਾਲਣਹਾਰ, ਮਾਇਆ ਦੇ ਪਤੀ ਪ੍ਰਭੂ ਦੇ ਗੁਣਾਂ ਨੂੰ ਸਦਾ ਚਿੱਤ ਵਿਚ ਵਸਾਈ ਰੱਖਣਾ ਚਾਹੀਦਾ ਹੈ; ਗੁਰੂ ਦੀ ਸੰਗਤਿ ਵਿਚ ਮਿਲ ਕੇ ਦਿਨ ਰਾਤ ਉਸ ਨੂੰ ਯਾਦ ਕਰਦੇ ਰਹਿਣਾ ਚਾਹੀਦਾ ਹੈ। ੧।

ਚਰਨ ਕਮਲ ਆਧਾਰੁ ਜਨ ਕਾ ਆਸਰਾ ॥ ਮਾਲੁ ਮਿਲਖ ਭੰਡਾਰ ਨਾਮੁ ਅਨੰਤ ਧਰਾ ॥ ਨਾਮੁ ਨਰਹਰ ਨਿਧਾਨੁ ਜਿਨ ਕੈ ਰਸ ਭੋਗ ਏਕ ਨਰਾਇਣਾ ॥ ਰਸ ਰੂਪ ਰੰਗ ਅਨੰਤ ਬੀਠਲ ਸਾਸਿ ਸਾਸਿ ਧਿਆਇਣਾ ॥ ਕਿਲਵਿਖ ਹਰਣਾ ਨਾਮ ਪੁਨਹਚਰਣਾ ਨਾਮੁ ਜਮ ਕੀ ਤ੍ਰਾਸ ਹਰਾ ॥ ਬਿਨਵੰਤਿ ਨਾਨਕ ਰਾਸਿ ਜਨ ਕੀ ਚਰਨ ਕਮਲਹ ਆਸਰਾ ॥੨॥ [੯੨੫]

ਪਦ ਅਰਥ :–ਚਰਨ ਕਮਲ–ਕੌਲ ਫੁੱਲਾਂ ਵਰਗੇ ਸੋਹਣੇ ਚਰਨ। ਆਧਾਰੁ–ਆਸਰਾ, ਸਹਾਰਾ । ਜਨ ਕਾ–ਭਗਤ ਜਨਾਂ ਵਾਸਤੇ। ਮਿਲਖ–ਭੁਇਂ ਦੀ ਮਾਲਕੀ। ਭੰਡਾਰ–ਖ਼ਜ਼ਾਨੇ । ਨਾਮੁ ਅਨੰਤ–ਬੇਅੰਤ ਪ੍ਰਭੂ ਦਾ ਨਾਮ । ਧਰਾ–ਹਿਰਦੇ ਵਿਚ ਟਿਕਾਵਾਂ।

ਨਰਹਰ ਨਾਮੁ–ਪਰਮਾਤਮਾ ਦਾ ਨਾਮ । ਨਿਧਾਨੁ–ਖ਼ਜ਼ਾਨਾ । ਜਿਨ ਕੈ–ਜਿਨ੍ਹਾਂ ਦੇ ਹਿਰਦੇ ਵਿਚ । ਅਨੰਤ ਬੀਠਲ–ਬੇਅੰਤ ਅਤੇ ਨਿਰਲੇਪ (ਪ੍ਰਭੂ) ਦਾ (ਨਾਮ)। ਬੀਠਲ–[ਵਿ-ਸ੍ਥਲ–ਮਾਇਆ ਦੇ ਪ੍ਰਭਾਵ ਤੋਂ ਪਰੇ ਟਿਕਿਆ ਰਹਿਣ ਵਾਲਾ। ਇਹ ਲਫ਼ਜ਼ ਗੁਰੂ ਅਰਜਨ ਦੇਵ ਜੀ ਨੇ ਵਰਤਿਆ ਹੈ। ਭਗਤ ਨਾਮਦੇਵ ਕਿਸੇ ਬੀਠਲ ਮੂਰਤੀ ਦਾ ਪੁਜਾਰੀ ਨਹੀਂ ਸੀ] ਸਾਸਿ ਸਾਸਿ–ਹਰੇਕ ਸਾਹ ਦੇ ਨਾਲ।

ਕਿਲਵਿਖ–ਪਾਪ। ਹਰਣਾ–ਦੂਰ ਕਰਨ ਵਾਲਾ। ਪੁਨਹ ਚਰਣਾ–ਕਿਸੇ ਕਾਰਜ ਦੀ ਸਿੱਧੀ ਵਾਸਤੇ ਦੁੱਖਾਂ ਕਲੇਸ਼ਾਂ ਰੋਗਾਂ ਨੂੰ ਦੂਰ ਕਰਨ ਲਈ ਕਿਸੇ ਦੇਵਤੇ ਦੇ ਸਨਮੁਖ ਹੋ ਕੇ ਕਿਸੇ ਮੰਤ੍ਰ ਦਾ ਜਾਪ ਕਰਨਾ, ਪ੍ਰਾਸਚਿਤ ਕਰਮ। ਤ੍ਰਾਸ–ਡਰ। ਹਰਾ–ਦੂਰ ਕਰਨ ਵਾਲਾ। ਰਾਸਿ–ਪੂੰਜੀ, ਸਰਮਾਇਆ। ਜਨ ਕੀ–ਭਗਤ ਜਨ ਵਾਸਤੇ । ੨ ।

ਅਰਥ :–ਹੇ ਭਾਈ ! ਪਰਮਾਤਮਾ ਦੇ ਸੋਹਣੇ ਚਰਨ ਹੀ ਭਗਤ ਜਨਾਂ ਵਾਸਤੇ ਜੀਵਨ ਦਾ ਸਹਾਰਾ ਹਨ ਆਸਰਾ ਹਨ। ਬੇਅੰਤ ਪ੍ਰਭੂ ਦਾ ਨਾਮ ਹਿਰਦੇ ਵਿਚ ਟਿਕਾਣਾ ਹੀ ਭਗਤ ਜਨਾਂ ਵਾਸਤੇ ਧਨ-ਪਦਾਰਥ ਹੈ ਭੁਇਂ ਦੀ ਮਾਲਕੀ ਹੈ ਖ਼ਜ਼ਾਨੇ ਹੈ।

ਹੇ ਭਾਈ ! ਜਿਨ੍ਹਾਂ ਦੇ ਹਿਰਦੇ ਵਿਚ ਪਰਮਾਤਮਾ ਦਾ ਨਾਮ-ਖ਼ਜ਼ਾਨਾ ਵੱਸ ਰਿਹਾ ਹੈ, ਉਹਨਾਂ ਵਾਸਤੇ ਨਾਰਾਇਣ ਦਾ ਨਾਮ ਜਪਣਾ ਹੀ ਦੁਨੀਆ ਦੇ ਰਸਾਂ ਭੋਗਾਂ ਦਾ ਮਾਣਨਾ ਹੈ। ਹੇ ਭਾਈ ! ਬੇਅੰਤ ਅਤੇ ਨਿਰਲੇਪ ਪ੍ਰਭੂ ਦਾ ਨਾਮ ਹਰੇਕ ਸਾਹ ਦੇ ਨਾਲ ਜਪਦੇ ਰਹਿਣਾ ਹੀ ਉਹਨਾਂ ਵਾਸਤੇ ਦੁਨੀਆਂ ਦੇ ਰੂਪ ਰਸ ਅਤੇ ਰੰਗ-ਤਮਾਸ਼ੇ ਹੈ।

ਹੇ ਭਾਈ ! ਪਰਮਾਤਮਾ ਦਾ ਨਾਮ ਸਾਰੇ ਪਾਪ ਦੂਰ ਕਰਨ ਵਾਲਾ ਹੈ, ਪ੍ਰਭੂ ਦਾ ਨਾਮ ਹੀ ਭਗਤ ਜਨਾਂ ਲਈ ਪ੍ਰਾਸਚਿਤ ਕਰਮ ਹੈ, ਨਾਮ ਹੀ ਮੌਤ ਦਾ ਡਰ ਦੂਰ ਕਰਨ ਵਾਲਾ ਹੈ। ਨਾਨਕ ਬੇਨਤੀ ਕਰਦਾ ਹੈ-(ਹੇ ਭਾਈ !) ਪਰਮਾਤਮਾ ਦੇ ਸੋਹਣੇ ਚਰਨਾਂ ਦਾ ਆਸਰਾ ਹੀ ਭਗਤ ਜਨਾਂ ਵਾਸਤੇ (ਜ਼ਿੰਦਗੀ ਦਾ) ਸਰਮਾਇਆ ਹੈ। ੨।

ਗੁਣ ਬੇਅੰਤ ਸੁਆਮੀ ਤੇਰੇ ਕੋਇ ਨ ਜਾਨਈ ॥ ਦੇਖਿ ਚਲਤ ਦਇਆਲ ਸੁਣਿ ਭਗਤ ਵਖਾਨਈ ॥ ਜੀਅ ਜੰਤ ਸਭਿ ਤੁਝੁ ਧਿਆਵਹਿ ਪੁਰਖਪਤਿ ਪਰਮੇਸਰਾ॥ਸਰਬ ਜਾਚਿਕ ਏਕੁ ਦਾਤਾ ਕਰੁਣਾਮੈ ਜਗਦੀਸਰਾ॥ ਸਾਧੂ ਸੰਤੁ ਸੁਜਾਣੁ ਸੋਈ ਜਿਸਹਿ ਪ੍ਰਭ ਜੀ ਮਾਨਈ ॥ ਬਿਨਵੰਤਿ ਨਾਨਕ ਕਰਹੁ ਕਿਰਪਾ ਸੋਇ ਤੁਝਹਿ ਪਛਾਨਈ ॥ ੩ ॥ [੯੨੫]

ਪਦ ਅਰਥ :-ਸੁਆਮੀ-ਹੇ ਮਾਲਕ-ਪ੍ਰਭੂ ! ਜਾਨਈ-[जानाति] ਜਾਨੈ, ਜਾਣਦਾ। ਦੇਖਿ-ਵੇਖ ਕੇ। ਚਲਤ-ਚੋਜ-ਤਮਾਸ਼ੇ। ਸੁਣਿ-ਸੁਣ ਕੇ। ਸੁਣਿ ਭਗਤ-ਭਗਤਾਂ ਦੀ ਰਾਹੀਂ ਸੁਣ ਕੇ, ਭਗਤਾਂ ਪਾਸੋਂ ਸੁਣ ਕੇ। ਵਖਾਨਈ-ਵਖਾਨੈ, ਬਿਆਨ ਕਰਦਾ ਹੈ [ਇਕ ਵਚਨ]।

ਸਭਿ-ਸਾਰੇ। ਤੁਝੇ-ਤੈਨੂੰ। ਧਿਆਵਹਿ-[ਬਹੁ ਵਚਨ] ਧਿਆਉਂਦੇ ਹਨ। ਪੁਰਖ ਪਤਿ-ਹੇ ਪੁਰਖਾਂ ਦੇ ਪਤੀ ! ਹੇ ਜੀਵਾਂ ਦੇ ਮਾਲਕ ! ਸਰਬ-ਸਾਰੇ। ਜਾਚਿਕ-ਮੰਗਤੇ [ਬਹੁ ਵਚਨ]। ਏਕੁ-[ਇਕ ਵਚਨ] ਤੂੰ ਇੱਕ। ਕਰੁਣਾਮੈ-[करुणा-मय] ਹੇ ਤਰਸ-ਸਰੂਪ ! ਜਗਦੀਸਰਾ-ਹੇ ਜਗਤ ਦੇ ਈਸ਼ਰ ! ਹੇ ਜਗਤ ਦੇ ਮਾਲਕ !

ਸੁਜਾਣੁ-ਸਿਆਣਾ। ਸੋਈ-ਉਹੀ। ਜਿਸਹਿ-ਜਿਸ ਨੂੰ [ਕ੍ਰਿਆ ਵਿਸ਼ੇਸ਼ਣ 'ਹੀ' (ਹਿ) ਦੇ ਕਾਰਨ ਲਫ਼ਜ਼ 'ਜਿਸੁ' ਦਾ _ ਉੱਡ ਗਿਆ ਹੈ]। ਮਾਨਈ-ਮਾਨੈ, ਮਾਣ-ਆਦਰ ਦੇਂਦਾ ਹੈ। ਕਰਹੁ-ਤੁਸੀ ਕਰਦੇ ਹੋ। ਪਛਾਨਈ-ਪਛਾਣਦਾ ਹੈ। ੩।

ਅਰਥ :-ਹੇ ਮੇਰੇ ਸੁਆਮੀ ! ਤੇਰੇ ਗੁਣ ਬੇਅੰਤ ਹਨ, ਕੋਈ ਭੀ ਜੀਵ (ਤੇਰੇ ਗੁਣਾਂ ਦਾ ਅੰਤ) ਨਹੀਂ ਜਾਣਦਾ।(ਜਿਹੜਾ ਭੀ ਕੋਈ ਮਨੁੱਖ ਤੇਰੇ ਕੁਝ ਗੁਣਾਂ ਦਾ ਬਿਆਨ ਕਰਦਾ ਹੈ, ਉਹ) ਤੈਂ ਦਇਆਲ ਦੇ ਕੌਤਕ ਵੇਖ ਕੇ (ਜਾਂ) ਭਗਤ ਜਨਾਂ ਪਾਸੋਂ ਸੁਣ ਕੇ (ਹੀ) ਬਿਆਨ ਕਰਦਾ ਹੈ।

ਹੇ ਜੀਵਾਂ ਦੇ ਮਾਲਕ ! ਹੇ ਪਰਮੇਸਰ ! ਸਾਰੇ ਜੀਵ ਜੰਤ ਤੈਨੂੰ ਧਿਆਉਂਦੇ ਹਨ। ਹੇ ਤਰਸ-ਸਰੂਪ ਪ੍ਰਭੂ ! ਹੇ ਜਗਤ ਦੇ ਈਸ਼ਰ ! ਤੂੰ ਇਕੱਲਾ ਦਾਤਾ ਹੈਂ, ਸਾਰੇ ਜੀਵ (ਤੇਰੇ ਦਰ ਦੇ) ਮੰਗਤੇ ਹਨ।

ਹੇ ਭਾਈ ! ਜਿਸ ਮਨੁੱਖ ਨੂੰ ਪ੍ਰਭੂ ਆਪ ਆਦਰ ਬਖ਼ਸ਼ਦਾ ਹੈ ਉਹੀ ਸਾਧੂ ਹੈ ਉਹੀ ਸੁਜਾਨ ਸੰਤ ਹੈ। ਨਾਨਕ ਬੇਨਤੀ ਕਰਦਾ ਹੈ-ਹੇ ਪ੍ਰਭੂ ! ਜਿਸ ਜੀਵ ਉਤੇ ਤੂੰ ਕਿਰਪਾ

ਕਰਦਾ ਹੈਂ, ਉਹੀ ਤੈਨੂੰ ਪਛਾਣਦਾ ਹੈ (ਤੇਰੇ ਨਾਲ ਡੂੰਘੀ ਸਾਂਝ ਪਾਂਦਾ ਹੈ)। ੩।

ਮੋਹਿ ਨਿਰਗੁਣ ਅਨਾਥੁ ਸਰਣੀ ਆਇਆ ॥ ਬਲਿ ਬਲਿ ਬਲਿ ਗੁਰਦੇਵ ਜਿਨਿ ਨਾਮੁ ਦ੍ਰਿੜਾਇਆ ॥ ਗੁਰਿ ਨਾਮੁ ਦੀਆ ਕੁਸਲੁ ਥੀਆ ਸਰਬ ਇਛਾ ਪੁੰਨੀਆ ॥ ਜਲਨੇ ਬੁਝਾਈ ਸਾਂਤਿ ਆਈ ਮਿਲੇ ਚਿਰੀ ਵਿਛੁੰਨਿਆ ॥ ਆਨੰਦ ਹਰਖ ਸਹਜ ਸਾਚੇ ਮਹਾ ਮੰਗਲ ਗੁਣ ਗਾਇਆ ॥ ਬਿਨਵੰਤਿ ਨਾਨਕ ਨਾਮੁ ਪ੍ਰਭ ਕਾ ਗੁਰ ਪੂਰੇ ਤੇ ਪਾਇਆ ॥ ੪ ॥ ੨ ॥
[ਪੰਨਾ ੯੨੫]

ਪਦ ਅਰਥ :—ਮੋਹਿ—ਮੈਂ । ਨਿਰਗੁਣ—ਗੁਣ-ਹੀਨ । ਅਨਾਥੁ—ਨਿਆਸਰਾ । ਬਲਿ—ਬਲਿਹਾਰ, ਸਦਕੇ, ਕੁਰਬਾਨ । ਜਿਨਿ—ਜਿਸ (ਗੁਰਦੇਵ) ਨੇ । ਦ੍ਰਿੜਾਇਆ—ਹਿਰਦੇ ਵਿਚ ਪੱਕਾ ਕਰ ਦਿੱਤਾ ਹੈ । ਗੁਰਿ—ਗੁਰੂ ਨੇ । ਕੁਸਲੁ—ਆਨੰਦ । ਸਰਬ—ਸਾਰੀਆਂ । ਇਛਾ—ਮੁਰਾਦਾਂ । ਜਲਨੇ—ਜਲਨਿ, ਸੜਨ, ਈਰਖਾ, ਸਾੜਾ । ਚਿਰੀ—ਚਿਰ ਤੋਂ । ਵਿਛੁੰਨਿਆ—ਵਿਛੁੜੇ ਹੋਏ । ਹਰਖ—ਖ਼ੁਸ਼ੀ । ਤੇ—ਤੋਂ । ੪ ।

ਅਰਥ :—ਹੇ ਭਾਈ ! ਮੈਂ ਗੁਣ-ਹੀਨ ਸਾਂ, ਮੈਂ ਨਿਆਸਰਾ ਸਾਂ (ਗੁਰੂ ਦੀ ਕਿਰਪਾ ਨਾਲ ਮੈਂ ਪ੍ਰਭੂ ਦੀ) ਸਰਨ ਆ ਪਿਆ ਹਾਂ । (ਉਸ) ਗੁਰੂ ਤੋਂ ਮੈਂ ਸਦਕੇ ਜਾਂਦਾ ਹਾਂ ਬਲਿਹਾਰ ਜਾਂਦਾ ਹਾਂ ਕੁਰਬਾਨ ਜਾਂਦਾ ਹਾਂ, ਜਿਸ ਨੇ (ਮੇਰੇ ਹਿਰਦੇ ਵਿਚ ਪ੍ਰਭੂ ਦਾ) ਨਾਮ ਪੱਕਾ ਕਰ ਦਿੱਤਾ ਹੈ ।

ਗੁਰੂ ਨੇ (ਜਿਸ ਕਿਸੇ ਨੂੰ ਭੀ ਪਰਮਾਤਮਾ ਦਾ)ਨਾਮ ਦਿੱਤਾ (ਉਸ ਦੇ ਅੰਦਰ) ਆਤਮਕ ਆਨੰਦ ਬਣ ਗਿਆ, (ਉਸ ਦੀਆਂ) ਸਾਰੀਆਂ ਮੁਰਾਦਾਂ ਪੂਰੀਆਂ ਹੋ ਗਈਆਂ; (ਗੁਰੂ ਨੇ ਉਸ ਦੇ ਅੰਦਰੋਂ) ਸਾੜਾ ਮਿਟਾ ਦਿੱਤਾ, (ਉਸ ਦੇ ਅੰਦਰ) ਠੰਢ ਪੈ ਗਈ, ਉਹ (ਪ੍ਰਭੂ ਤੋਂ) ਚਿਰਾਂ ਦਾ ਵਿਛੁੜਿਆ ਹੋਇਆ (ਮੁੜ) ਮਿਲ ਪਿਆ ।

(ਹੇ ਭਾਈ ! ਜਿਸ ਨੇ ਭੀ ਗੁਰੂ ਦੀ ਸਰਨ ਪੈ ਕੇ) ਬੜਾ ਆਨੰਦ ਪੈਦਾ ਕਰਨ ਵਾਲੇ ਹਰਿ-ਗੁਣ ਗਾਣੇ ਸ਼ੁਰੂ ਕੀਤੇ,ਉਸ ਦੇ ਅੰਦਰ ਅਟੱਲ ਆਤਮਕ ਅਡੋਲਤਾ ਦੀਆਂ ਖ਼ੁਸ਼ੀਆਂ ਤੇ ਆਨੰਦ ਬਣ ਗਏ । ਨਾਨਕ ਬੇਨਤੀ ਕਰਦਾ ਹੈ—ਹੇ ਭਾਈ ! ਪਰਮਾਤਮਾ ਦਾ (ਅਜਿਹਾ) ਰਾਮ ਪੂਰੇ ਗੁਰੂ ਪਾਸੋਂ (ਹੀ) ਮਿਲਦਾ ਹੈ । ੪ । ੨ ।

ਰਾਮਕਲੀ ਮਹਲਾ ੫ ॥ ਰੁਣਝੁਣੋ ਸਬਦੁ ਅਨਾਹਦੁ ਨਿਤ ਉਠਿ ਗਾਈਐ ਸੰਤਨ ਕੈ ॥ ਕਿਲਵਿਖ ਸਭਿ ਦੋਖ ਬਿਨਾਸਨੁ ਹਰਿਨਾਮੁ ਜਪੀਐ ਗੁਰ ਮੰਤਨ ਕੈ ॥ ਹਰਿਨਾਮੁ ਲੀਜੈ ਅਮਿਉ ਪੀਜੈ ਰੈਣਿ ਦਿਨਸੁ ਅਰਾਧੀਐ ॥ ਜੋਗ ਦਾਨ ਅਨੇਕ ਕਿਰਿਆ ਲਗਿ ਚਰਣ ਕਮਲਹ ਸਾਧੀਐ ॥ ਭਾਉ

ਭਗਤਿ ਦਇਆਲ ਮੋਹਨ ਦੂਖ ਸਗਲੇ ਪਰਹਰੈ ।। ਬਿਨਵੰਤਿ ਨਾਨਕ ਤਰੈ ਸਾਗਰੁ ਧਿਆਇ ਸੁਆਮੀ ਨਰਹਰੈ ॥੧॥ [ਪੰਨਾ ੯੨੫]

ਪਦ ਅਰਥ :—ਰੁਣਝੁਣੋ—ਰੁਣ ਝੁਣੁ [ਰੁਣ—ਬਰੀਕ ਗਾਵਣ ਦੀ ਆਵਾਜ਼। ਝੁਣੁ—ਝਾਂਜਰਾਂ ਦੇ ਛਣਕਣ ਦੀ ਆਵਾਜ਼] ਮਿਠੀ ਮਿਠੀ ਸੁਰ। ਰੁਣਝੁਣੋ ਸਬਦੁ—ਮਿਠੀ ਮਿਠੀ ਸੁਰ ਵਾਲਾ ਸ਼ਬਦ। ਅਨਾਹਦੁ—ਬਿਨਾ ਵਜਾਏ ਵੱਜਣ ਵਾਲਾ, ਇਕ-ਰਸ, ਲਗਾਤਾਰ। ਉਠਿ—ਉੱਠ ਕੇ, ਆਹਰ ਨਾਲ। ਗਾਈਐ—ਗਾਇਆ ਜਾਣਾ ਚਾਹੀਦਾ ਹੈ। ਸੰਤਨ ਕੈ—ਸੰਤਨ ਕੈ ਘਰਿ, ਸਾਧ ਸੰਗਤਿ ਵਿਚ। ਕਿਲਵਿਖ—ਪਾਪ। ਸਭਿ—ਸਾਰੇ। ਜਪੀਐ—ਜਪਣਾ ਚਾਹੀਦਾ ਹੈ। ਗੁਰ ਮੰਤਨ ਕੈ—ਗੁਰੂ ਦੀ ਬਾਣੀ ਦੀ ਰਾਹੀਂ।

ਲੀਜੈ—ਲਿਆ ਜਾਣਾ ਚਾਹੀਦਾ ਹੈ।ਅਮਿਉ—ਅੰਮ੍ਰਿਤੁ, ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਪੀਜੈ—ਪੀਣਾ ਚਾਹੀਦਾ ਹੈ। ਰੈਣਿ—ਰਾਤ। ਜੋਗ—ਜੋਗ ਦੇ ਸਾਧਨ। ਦਾਨ—ਦਾਨ-ਪੁੰਨ। ਲਗਿ—ਲੱਗ ਕੇ। ਸਾਧੀਐ—ਸਾਧਨ ਕੀਤਾ ਜਾਂਦਾ ਹੈ।

ਭਾਉ—ਪ੍ਰੇਮ। ਪਰਹਰੈ—ਦੂਰ ਕਰ ਦੇਂਦਾ ਹੈ। ਤਰੈ—ਪਾਰ ਲੰਘ ਜਾਂਦਾ ਹੈ। ਸਾਗਰੁ—(ਸੰਸਾਰ-) ਸਮੁੰਦਰ। ਨਰਹਰੈ—ਪਰਮਾਤਮਾ ਨੂੰ। ੧।

ਅਰਥ :—ਹੇ ਭਾਈ ! ਨਿੱਤ ਆਹਰ ਨਾਲ ਸਾਧ ਸੰਗਤਿ ਵਿਚ ਜਾ ਕੇ ਪਰਮਾਤਮਾ ਦੀ ਸਿਫ਼ਤਿ ਸਾਲਾਹ ਦੀ ਮਿਠੀ ਮਿਠੀ ਸੁਰ ਵਾਲੀ ਬਾਣੀ ਇਕ-ਰਸ ਗਾਵਣੀ ਚਾਹੀਦੀ ਹੈ। ਹੇ ਭਾਈ ! ਪਰਮਾਤਮਾ ਦਾ ਨਾਮ ਸਾਰੇ ਪਾਪਾਂ ਤੇ ਐਬਾਂ ਦਾ ਨਾਸ ਕਰਨ ਵਾਲਾ ਹੈ, ਇਹ ਹਰਿ-ਨਾਮ ਗੁਰੂ ਦੀ ਸਿੱਖਿਆ ਉਤੇ ਤੁਰ ਕੇ ਜਪਣਾ ਚਾਹੀਦਾ ਹੈ।

ਹੇ ਭਾਈ ! ਪਰਮਾਤਮਾ ਦਾ ਨਾਮ ਜਪਣਾ ਚਾਹੀਦਾ ਹੈ, ਆਤਮਕ ਜੀਵਨ ਦੇਣ ਵਾਲਾ ਹਰਿ ਨਾਮ-ਜਲ ਪੀਣਾ ਚਾਹੀਦਾ ਹੈ, ਦਿਨ ਰਾਤ ਪਰਮਾਤਮਾ ਦਾ ਆਰਾਧਨ ਕਰਨਾ ਚਾਹੀਦਾ ਹੈ। ਪ੍ਰਭੂ ਦੇ ਸੋਹਣੇ ਚਰਨਾਂ ਵਿਚ ਜੁੜ ਕੇ (ਮਾਨੋ) ਅਨੇਕਾਂ ਜੋਗ-ਸਾਧਨਾਂ ਦਾ ਅਨੇਕਾਂ ਦਾਨ-ਪੁੰਨਾਂ ਦਾ ਅਨੇਕਾਂ ਅਜਿਹੀਆਂ ਹੋਰ ਕਿਰਿਆਵਾਂ ਦਾ ਸਾਧਨ ਹੋ ਜਾਂਦਾ ਹੈ।

ਹੇ ਭਾਈ ! ਦਇਆ ਦੇ ਸੋਮੇ ਮੋਹਨ-ਪ੍ਰਭੂ ਦਾ ਪਿਆਰ ਪ੍ਰਭੂ ਦੀ ਭਗਤੀ ਸਾਰੇ ਦੁੱਖ ਦੂਰ ਕਰ ਦੇਂਦੀ ਹੈ। ਨਾਨਕ ਆਖਦਾ ਹੈ—ਹੇ ਭਾਈ ! ਮਾਲਕ-ਪ੍ਰਭੂ ਨੂੰ ਸਿਮਰ ਕੇ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ। ੧।

ਸੁਖ ਸਾਗਰ ਗੋਬਿੰਦ ਸਿਮਰਣੁ ਭਗਤ ਗਾਵਹਿ ਗੁਣ ਤੇਰੇ ਰਾਮ ॥ ਅਨਦ ਮੰਗਲ ਗੁਰ ਚਰਣੀ ਲਾਗੇ ਪਾਏ ਸੂਖ ਘਨੇਰੇ ਰਾਮ ॥ ਸੁਖ ਨਿਧਾਨੁ ਮਿਲਿਆ ਦੂਖ ਹਰਿਆ ਕ੍ਰਿਪਾ ਕਰਿ ਪ੍ਰਭਿ ਰਾਖਿਆ ॥ ਹਰਿ ਚਰਣ ਲਾਗਾ

ਭ੍ਰਮੁ ਭਉ ਭਾਗਾ ਹਰਿਨਾਮੁ ਰਸਨਾ ਭਾਖਿਆ ॥ ਹਰਿ ਏਕੁ ਚਿਤਵੈ ਪ੍ਰਭੁ ਏਕੁ ਗਾਵੈ ਹਰਿ ਏਕੁ ਦ੍ਰਿਸਟੀ ਆਇਆ ॥ ਬਿਨਵੰਤਿ ਨਾਨਕ ਪ੍ਰਭਿ ਕਰੀ ਕਿਰਪਾ ਪੂਰਾ ਸਤਿਗੁਰੁ ਪਾਇਆ ॥੨॥ [੯੨੫]

ਪਦ ਅਰਥ :–ਸੁਖ ਸਾਗਰ–ਹੇ ਸੁਖਾਂ ਦੇ ਸਮੁੰਦਰ ! ਗਾਵਹਿ–ਗਾਂਦੇ ਹਨ [ਬਹੁ ਵਚਨ]। ਅਨਦ ਮੰਗਲ–ਅਨੇਕਾਂ ਸੁਖ ਤੇ ਖ਼ੁਸ਼ੀਆਂ। ਲਾਗੇ–ਲਾਗਿ, ਲੱਗ ਕੇ। ਘਨੇਰੇ–ਅਨੇਕਾਂ, ਬਹੁਤ। ਸੁਖ ਨਿਧਾਨੁ–ਸੁਖਾਂ ਦਾ ਖ਼ਜ਼ਾਨਾ। ਹਰਿਆ–ਦੂਰ ਹੋ ਜਾਂਦਾ ਹੈ। ਪ੍ਰਭਿ–ਪ੍ਰਭੂ ਨੇ। ਭ੍ਰਮੁ–ਵਹਿਮ, ਭਟਕਣ। ਰਸਨਾ–ਜੀਭ (ਨਾਲ)। ਭਾਖਿਆ–ਉਚਾਰਿਆ, ਜਪਿਆ। ਚਿਤਵੈ–ਚੇਤੇ ਕਰਦਾ ਹੈ। ਦ੍ਰਿਸਟੀ–ਨਜ਼ਰੀਂ। ੨।

ਅਰਥ :–ਹੇ ਸੁਖਾਂ ਦੇ ਸਮੁੰਦਰ ਗੋਬਿੰਦ ! (ਤੇਰੇ) ਭਗਤ (ਤੇਰਾ) ਸਿਮਰਨ (ਕਰਦੇ ਹਨ), ਤੇਰੇ ਗੁਣ ਗਾਂਦੇ ਹਨ; ਗੁਰੂ ਦੀ ਚਰਨੀਂ ਲੱਗ ਕੇ ਉਹਨਾਂ ਨੂੰ ਅਨੇਕਾਂ ਆਨੰਦ ਖ਼ੁਸ਼ੀਆਂ ਤੇ ਸੁਖ ਪ੍ਰਾਪਤ ਹੋ ਜਾਂਦੇ ਹਨ।

(ਹੇ ਭਾਈ ! ਜਿਸ ਨੂੰ ਗੁਰੂ ਮਿਲ ਪੈਂਦਾ ਹੈ ਉਸ ਨੂੰ) ਸੁਖਾਂ ਦਾ ਖ਼ਜ਼ਾਨਾ ਹਰਿ-ਨਾਮ ਮਿਲ ਜਾਂਦਾ ਹੈ। ਪ੍ਰਭੂ ਨੇ ਕਿਰਪਾ ਕਰ ਕੇ ਜਿਸ ਮਨੁੱਖ ਦੀ (ਦੁੱਖ ਆਦਿਕਾਂ ਤੋਂ) ਰੱਖਿਆ ਕੀਤੀ, ਉਸ ਦੇ ਸਾਰੇ ਦੁੱਖ ਨਿਵਿਰਤ ਹੋ ਗਏ। ਹੇ ਭਾਈ! ਜਿਹੜਾ ਮਨੁੱਖ ਪਰ-ਮਾਤਮਾ ਦੇ ਚਰਨਾਂ ਵਿਚ ਜੁੜ ਗਿਆ, ਜਿਸ ਨੇ ਪਰਮਾਤਮਾ ਦਾ ਨਾਮ ਆਪਣੀ ਜੀਭ ਨਾਲ ਉਚਾਰਨਾ ਸ਼ੁਰੂ ਕਰ ਦਿੱਤਾ, ਉਸ ਦਾ ਹਰੇਕ ਕਿਸਮ ਦਾ ਭਰਮ-ਵਹਿਮ ਤੇ ਡਰ ਦੂਰ ਹੋ ਗਿਆ।

ਨਾਨਕ ਬੇਨਤੀ ਕਰਦਾ ਹੈ-ਹੇ ਭਾਈ ! ਜਿਸ ਮਨੁੱਖ ਉਤੇ ਪ੍ਰਭੂ ਨੇ ਕਿਰਪਾ ਕੀਤੀ, ਉਸ ਨੂੰ ਪੂਰਾ ਗੁਰੂ ਮਿਲ ਪਿਆ, ਉਹ ਮਨੁੱਖ (ਫਿਰ) ਇਕ ਪਰਮਾਤਮਾ ਨੂੰ ਹੀ ਚੇਤੇ ਕਰਦਾ ਰਹਿੰਦਾ ਹੈ ਇਕ ਪਰਮਾਤਮਾ (ਦੇ ਗੁਣਾਂ) ਨੂੰ ਹੀ ਗਾਂਦਾ ਰਹਿੰਦਾ ਹੈ, ਇਕ ਪਰ-ਮਾਤਮਾ ਹੀ ਉਸ ਨੂੰ ਹਰ ਥਾਂ ਵੱਸਦਾ ਨਜ਼ਰ ਆਉਂਦਾ ਹੈ।

ਮਿਲਿ ਰਹੀਐ ਪ੍ਰਭ ਸਾਧ ਜਨਾ ਮਿਲਿ ਹਰਿ ਕੀਰਤਨੁ ਸੁਨੀਐ ਰਾਮ ॥ ਦਇਆਲ ਪ੍ਰਭੂ ਦਾਮੋਦਰ ਮਾਧੋ ਅੰਤੁ ਨ ਪਾਈਐ ਗੁਨੀਐ ਰਾਮ॥ ਦਇਆਲ ਦੁਖ ਹਰ ਸਰਣਿ ਦਾਤਾ ਸਗਲ ਦੋਖ ਨਿਵਾਰਣੋ ॥ ਮੋਹ ਸੋਗ ਵਿਕਾਰ ਬਿਖੜੇ ਜਪਤ ਨਾਮ ਉਧਾਰਣੋ ॥ ਸਭਿ ਜੀਅ ਤੇਰੇ ਪ੍ਰਭੂ ਮੇਰੇ ਕਰਿ ਕਿਰਪਾ ਸਭ ਰੇਣ ਥੀਵਾ ॥ ਬਿਨਵੰਤਿ ਨਾਨਕ ਪ੍ਰਭ ਮਇਆ ਕੀਜੈ ਨਾਮੁ ਤੇਰਾ ਜਪਿ ਜੀਵਾ ॥ ੩ ॥ [ਪੰਨਾ ੯੨੬]

ਪਦ ਅਰਥ :–ਮਿਲਿ ਰਹੀਐ–ਮਿਲੇ ਰਹਿਣਾ ਚਾਹੀਦਾ ਹੈ। ਮਿਲਿ–ਮਿਲ ਕੇ। ਸੁਨੀਐ–ਸੁਣਨਾ ਚਾਹੀਦਾ ਹੈ। ਦਾਮੋਦਰ–[ਦਾਮ–ਰੱਸੀ। ਉਦਰ–ਪੇਟ। ਤੜਾਗੀ।] ਪਰਮਾਤਮਾ। ਮਾਧੋ–[ਮਾ-ਧਵ। ਮਾਇਆ ਦਾ ਪਤੀ] ਪਰਮਾਤਮਾ।ਗੁਨੀਐ–ਗੁਣਾਂ ਦਾ।

ਦਇਆਲ–ਦਇਆ ਦਾ ਘਰ। ਦੁਖ ਹਰ–ਦੁੱਖਾਂ ਦਾ ਨਾਸ ਕਰਨ ਵਾਲਾ। ਸਗਲ–ਸਾਰੇ। ਦੋਖ–ਪਾਪ। ਨਿਵਾਰਣੋ–ਦੂਰ ਕਰਨ ਵਾਲਾ। ਸੋਗ–ਗ਼ਮ। ਬਿਖੜੇ–ਔਖੇ। ਉਧਾਰਣੋ–ਬਚਾਣ ਵਾਲਾ।

ਸਭਿ–ਸਾਰੇ। ਜੀਅ–[ਲਫ਼ਜ਼ 'ਜੀਉ' ਤੋਂ ਬਹੁ ਵਚਨ]। ਰੇਣ–ਚਰਨ-ਧੂੜ। ਥੀਵਾ–ਥੀਵਾਂ, ਮੈਂ ਹੋ ਜਾਵਾਂ। ਪ੍ਰਭ–ਹੇ ਪ੍ਰਭੂ ! ਮਇਆ–ਦਇਆ। ਜੀਵਾ–ਜੀਵਾਂ, ਮੈਂ ਆਤਮਕ ਜੀਵਨ ਹਾਸਲ ਕਰਾਂ। ੩।

ਅਰਥ :–ਹੇ ਭਾਈ ! ਪ੍ਰਭੂ ਦੇ ਭਗਤਾਂ ਦੀ ਸੰਗਤਿ ਵਿਚ ਮਿਲ ਕੇ ਰਹਿਣਾ ਚਾਹੀਦਾ ਹੈ, ਭਗਤ-ਜਨਾਂ ਨੂੰ ਮਿਲ ਕੇ ਪਰਮਾਤਮਾ ਦਾ ਕੀਰਤਨ ਸੁਣਨਾ ਚਾਹੀਦਾ ਹੈ। ਹੇ ਭਾਈ ! ਦਇਆ ਦੇ ਸੋਮੇ ਦਾਮੋਦਰ ਮਾਇਆ ਦੇ ਪਤੀ ਪ੍ਰਭੂ ਦੇ ਗੁਣਾਂ ਦਾ ਅੰਤ ਨਹੀਂ ਪਾਇਆ ਜਾ ਸਕਦਾ।

ਹੇ ਭਾਈ ! ਪ੍ਰਭੂ ਦਇਆ ਦਾ ਸੋਮਾ ਹੈ, ਦੁੱਖਾਂ ਦਾ ਨਾਸ ਕਰਨ ਵਾਲਾ ਹੈ, ਸਰਨ-ਜੋਗ ਹੈ, ਸਭ ਨੂੰ ਦਾਤਾਂ ਦੇਣ ਵਾਲਾ ਹੈ, ਸਾਰੇ ਪਾਪਾਂ ਦਾ ਨਾਸ ਕਰਨ ਵਾਲਾ ਹੈ। ਹੇ ਭਾਈ ! ਨਾਮ ਜਪਣ ਵਾਲਿਆਂ ਨੂੰ ਉਹ ਪ੍ਰਭੂ ਮੋਹ ਸੋਗ ਅਤੇ ਔਖੇ ਵਿਕਾਰਾਂ ਤੋਂ ਬਚਾਣ ਵਾਲਾ ਹੈ।

ਹੇ ਮੇਰੇ ਪ੍ਰਭੂ ! ਸਾਰੇ ਜੀਵ ਤੇਰੇ(ਪੈਦਾ ਕੀਤੇ ਹੋਏ ਹਨ), ਮਿਹਰ ਕਰ, ਮੈਂ ਸਭਨਾਂ ਦੇ ਚਰਨਾਂ ਦੀ ਧੂੜ ਬਣਿਆ ਰਹਾਂ। ਨਾਨਕ ਬੇਨਤੀ ਕਰਦਾ ਹੈ–ਹੇ ਪ੍ਰਭੂ ! ਦਇਆ ਕਰ, ਮੈਂ ਤੇਰਾ ਨਾਮ ਜਪ ਜਪ ਕੇ ਆਤਮਕ ਜੀਵਨ ਹਾਸਲ ਕਰਦਾ ਰਹਾਂ। ੩।

ਰਾਖਿ ਲੀਏ ਪ੍ਰਭਿ ਭਗਤ ਜਨਾ ਅਪਣੀ ਚਰਣੀ ਲਾਏ ਰਾਮ ॥ ਆਠ ਪਹਰ ਅਪਨਾ ਪ੍ਰਭੁ ਸਿਮਰਹ ਏਕੋ ਨਾਮੁ ਧਿਆਏ ਰਾਮ ॥ ਧਿਆਇ ਸੋ ਪ੍ਰਭੁ ਤਰੇ ਭਵਜਲ ਰਹੇ ਆਵਣ ਜਾਣਾ ॥ ਸਦਾ ਸੁਖੁ ਕਲਿਆਣ ਕੀਰਤਨੁ ਪ੍ਰਭ ਲਗਾ ਮੀਠਾ ਭਾਣਾ ॥ ਸਭ ਇਛ ਪੁੰਨੀ ਆਸ ਪੂਰੀ ਮਿਲੇ ਸਤਿਗੁਰ ਪੂਰਿਆ ॥ ਬਿਨਵੰਤਿ ਨਾਨਕ ਪ੍ਰਭਿ ਆਪਿ ਮੇਲੇ ਫਿਰਿ ਨਾਹੀ ਦੂਖ ਵਿਸੂਰਿਆ ॥ ੪ ॥ ੩ ॥ [ਪੰਨਾ ੯੨੬]

ਪਦ ਅਰਥ :–ਪ੍ਰਭਿ–ਪ੍ਰਭੂ ਨੇ। ਲਾਏ–ਲਾਇ, ਲਾਕੇ। ਸਿਮਰਹ–ਆਓ, ਅਸੀ ਸਿਮਰੀਏ [ਵਰਤਮਾਨ ਕਾਲ, ਉੱਤਮ ਪੁਰਖ, ਬਹੁ ਵਚਨ]। ਧਿਆਏ–ਧਿਆਇ, ਧਿਆਇ ਕੇ, ਧਿਆਨ ਧਰ ਕੇ।

ਤਰੇ—ਪਾਰ ਲੰਘ ਗਏ। ਭਵਜਲ—ਸੰਸਾਰ-ਸਮੁੰਦਰ। ਰਹੇ—ਮੁੱਕ ਗਏ। ਆਵਣ ਜਾਣਾ—ਜੰਮਣਾ ਮਰਨਾ। ਕਲਿਆਣ—ਸੁਖ-ਆਨੰਦ। ਪ੍ਰਭ ਭਾਣਾ—ਪ੍ਰਭੂ ਦਾ ਭਾਣਾ, ਪ੍ਰਭੂ ਦੀ ਰਜ਼ਾ।

ਸਭ ਇਛ—ਹਰੇਕ ਮੁਰਾਦ। ਪੁੰਨੀ—ਪੂਰੀ ਹੋ ਗਈ। ਮਿਲੇ ਸਤਿਗੁਰ—ਜਿਹੜੇ ਮਨੁੱਖ ਗੁਰੂ ਨੂੰ ਮਿਲ ਪਏ। ਪ੍ਰਭਿ—ਪ੍ਰਭੂ ਨੇ। ਵਿਸੂਰਿਆ—ਵਿਸੂਰੇ, ਝੋਰੇ। ੪।

ਅਰਥ :-(ਹੇ ਭਾਈ! ਸਦਾ ਤੋਂ ਹੀ) ਪ੍ਰਭੂ ਨੇ ਆਪਣੇ ਚਰਨਾਂ ਵਿਚ ਜੋੜ ਕੇ ਆਪਣੇ ਭਗਤਾਂ ਦੀ ਰੱਖਿਆ ਕੀਤੀ ਹੈ। ਸੋ, ਹੇ ਭਾਈ! ਇਕ ਹਰਿ-ਨਾਮ ਦਾ ਧਿਆਨ ਧਰ ਕੇ, ਆਓ, ਅਸੀ ਭੀ ਅੱਠੇ ਪਹਰ ਆਪਣੇ ਪ੍ਰਭੂ ਨੂੰ ਸਿਮਰਦੇ ਰਹੀਏ।

(ਹੇ ਭਾਈ! ਅਨੇਕਾਂ ਜੀਵ) ਉਸ ਪ੍ਰਭੂ ਦਾ ਧਿਆਨ ਧਰ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ, (ਉਹਨਾਂ ਦੇ) ਜਨਮ ਮਰਨ (ਦੇ ਗੇੜ) ਮੁੱਕ ਗਏ। ਹੇ ਭਾਈ! ਪ੍ਰਭੂ ਦੀ ਸਿਫ਼ਤਿ ਸਾਲਾਹ ਕਰਦਿਆਂ ਉਹਨਾਂ ਦੇ ਅੰਦਰ ਸਦਾ ਸੁਖ-ਆਨੰਦ ਬਣਿਆ ਰਿਹਾ, ਉਹਨਾਂ ਨੂੰ ਪ੍ਰਭੂ ਦੀ ਰਜ਼ਾ ਮਿੱਠੀ ਲੱਗਣ ਲੱਗ ਪਈ।

ਨਾਨਕ ਬੇਨਤੀ ਕਰਦਾ ਹੈ—ਹੇ ਭਾਈ! ਜਿਹੜੇ ਮਨੁੱਖ ਪੂਰੇ ਗੁਰੂ ਨੂੰ ਮਿਲ ਪਏ, ਉਹਨਾਂ ਦੀ ਹਰੇਕ ਮੁਰਾਦ ਪੂਰੀ ਹੋ ਗਈ, ਉਹਨਾਂ ਦੀ ਹਰੇਕ ਆਸ ਪੂਰੀ ਹੋ ਗਈ; ਜਿਨ੍ਹਾਂ ਨੂੰ ਪ੍ਰਭੂ ਨੇ ਆਪ (ਆਪਣੇ ਚਰਨਾਂ ਵਿਚ) ਮਿਲਾ ਲਿਆ, ਉਹਨਾਂ ਨੂੰ ਕੋਈ ਦੁੱਖ ਕੋਈ ਝੋਰੇ ਮੁੜ ਨਹੀਂ ਵਿਆਪਦੇ। ੪। ੩।

ਰਾਮਕਲੀ ਮਹਲਾ ੫ ਛੰਤ ॥ ਸਲੋਕੁ ॥ ਚਰਨ ਕਮਲ ਸਰਣਾਗਤੀ ਅਨਦ ਮੰਗਲ ਗੁਣ ਗਾਮ ॥ ਨਾਨਕ ਪ੍ਰਭੁ ਆਰਾਧੀਐ ਬਿਪਤਿ ਨਿਵਾਰਣ ਰਾਮ ॥ ੧ ॥ ਛੰਤੁ ॥ ਪ੍ਰਭ ਬਿਪਤਿ ਨਿਵਾਰਣੋ ਤਿਸੁ ਬਿਨੁ ਅਵਰੁ ਨ ਕੋਇ ਜੀਉ ॥ ਸਦਾ ਸਦਾ ਹਰਿ ਸਿਮਰੀਐ ਜਲਿ ਥਲਿ ਮਹੀਅਲਿ ਸੋਇ ਜੀਉ ॥ ਜਲਿ ਥਲਿ ਮਹੀਅਲਿ ਪੂਰਿ ਰਹਿਆ ਇਕ ਨਿਮਖ ਮਨਹੁ ਨ ਵੀਸਰੈ ॥ ਗੁਰ ਚਰਨ ਲਾਗੇ ਦਿਨ ਸਭਾਗੇ ਸਰਬ ਗੁਣ ਜਗਦੀਸਰੈ ॥ ਕਰਿ ਸੇਵ ਸੇਵਕ ਦਿਨਸੁ ਰੈਣੀ ਤਿਸੁ ਭਾਵੈ ਸੋ ਹੋਇ ਜੀਉ ॥ ਬਲਿ ਜਾਇ ਨਾਨਕੁ ਸੁਖਹ ਦਾਤੇ ਪਰਗਾਸੁ ਮਨਿ ਤਨਿ ਹੋਇ ਜੀਉ ॥੧॥ [ਪੰਨਾ ੯੨੬]

ਪਦ ਅਰਥ :—ਸਲੋਕੁ। ਚਰਨ ਕਮਲ—(ਗੁਰੂ ਦੇ) ਸੋਹਣੇ ਚਰਨ। ਸਰਣਾਗਤੀ—ਸਰਣ-ਆਗਤੀ, ਸਰਨ ਆ ਕੇ। ਮੰਗਲ—ਖ਼ੁਸ਼ੀ। ਗੁਣ ਗਾਮ—ਗੁਣ ਗਾਉਣੇ। ਆਰਾਧੀਐ—ਆਰਾਧਨਾ ਚਾਹੀਦਾ ਹੈ। ਬਿਪਤਿ—ਬਿਪਤਾ। ਨਿਵਾਰਣ—ਦੂਰ ਕਰਨ ਵਾਲਾ। ੧।

ਛੰਤੁ । ਸਿਮਰੀਐ–ਸਿਮਰਨਾ ਚਾਹੀਦਾ ਹੈ । ਜਲਿ–ਜਲ ਵਿਚ । ਥਲਿ–ਧਰਤੀ ਵਿਚ । ਮਹੀਅਲਿ–ਮਹੀ ਤਲਿ, ਧਰਤੀ ਦੇ ਤਲ ਉਤੇ, ਆਕਾਸ਼ ਵਿਚ, ਪੁਲਾੜ ਵਿਚ । ਪੂਰਿ ਰਹਿਆ–ਵਿਆਪਕ ਹੈ । ਨਿਮਖ–ਅੱਖ ਝਮਕਣ ਜਿਤਨਾ ਸਮਾ । ਮਨਹੁ–ਮਨ ਤੋਂ । ਸਭਾਗੀ–ਭਾਗਾਂ ਵਾਲੇ । ਜਗਦੀਸਰੈ–ਜਗਤ ਦੇ, ਈਸ਼ਰ ਦੇ ਜਗਤ ਦੇ ਮਾਲਕ ਦੇ । ਸਰਬ ਗੁਣ–ਸਾਰੇ ਗੁਣ, ਸਾਰੀ ਵਡਿਆਈ, ਸਾਰੀ ਮਿਹਰ । ਸੇਵ ਸੇਵਕ–ਸੇਵਕਾਂ ਵਾਲੀ ਸੇਵਾ । ਰੈਣੀ–ਰਾਤ । ਤਿਸੁ–ਉਸ (ਪ੍ਰਭੂ) ਨੂੰ । ਭਾਵੈ–ਚੰਗਾ ਲੱਗਦਾ ਹੈ । ਬਲਿ ਜਾਇ–ਸਦਕੇ ਜਾਂਦਾ ਹੈ । ਸੁਖਹ ਦਾਤੇ–ਸੁਖ ਦੇਣ ਵਾਲੇ ਤੋਂ । ਪਰਗਾਸੁ–(ਸਹੀ ਆਤਮਕ ਜੀਵਨ ਦਾ) ਚਾਨਣ । ਮਨਿ–ਮਨ ਵਿਚ । ਤਨਿ–ਤਨ ਵਿਚ । ੧ ।

ਅਰਥ :–ਸਲੋਕੁ । (ਹੇ ਭਾਈ ! ਜਿਹੜੇ ਮਨੁੱਖ ਗੁਰੂ ਦੇ) ਸੋਹਣੇ ਚਰਨਾਂ ਦੀ ਸਰਨ ਆ ਕੇ (ਪਰਮਾਤਮਾ ਦੇ) ਗੁਣ ਗਾਂਦੇ ਹਨ, (ਉਹਨਾਂ ਦੇ ਹਿਰਦੇ ਵਿਚ ਸਦਾ) ਆਨੰਦ ਸੁਖ ਬਣੇ ਰਹਿੰਦੇ ਹਨ । ਹੇ ਨਾਨਕ ! (ਆਖ–ਹੇ ਭਾਈ !) ਪਰਮਾਤਮਾ ਦਾ ਆਰਾਧਨ ਕਰਨਾ ਚਾਹੀਦਾ ਹੈ, ਪਰਮਾਤਮਾ (ਹਰੇਕ) ਬਿਪਤਾ ਦੂਰ ਕਰਨ ਵਾਲਾ ਹੈ । ੧ । ਛੰਤੁ ।

(ਹੇ ਭਾਈ !) ਪਰਮਾਤਮਾ ਹੀ (ਜੀਵਾਂ ਦੀ ਹਰੇਕ) ਬਿਪਤਾ ਦੂਰ ਕਰਨ ਵਾਲਾ ਹੈ, ਉਸ ਤੋਂ ਬਿਨਾ ਹੋਰ ਕੋਈ (ਇਹੋ ਜਿਹੀ ਸਮਰਥਾ ਵਾਲਾ) ਨਹੀਂ ਹੈ । (ਹੇ ਭਾਈ !) ਸਦਾ ਹੀ ਸਦਾ ਹੀ ਪਰਮਾਤਮਾ ਦਾ ਸਿਮਰਨ ਕਰਨਾ ਚਾਹੀਦਾ ਹੈ; ਜਲ ਵਿਚ, ਧਰਤੀ ਵਿਚ, ਆਕਾਸ਼ ਵਿਚ (ਹਰ ਥਾਂ) ਉਹ ਪਰਮਾਤਮਾ ਹੀ ਮੌਜੂਦ ਹੈ ।

ਹੇ ਭਾਈ ! ਉਹ ਪਰਮਾਤਮਾ ਜਲ ਵਿਚ ਧਰਤੀ ਵਿਚ ਪੁਲਾੜ ਵਿਚ (ਹਰ ਥਾਂ) ਵਿਆਪਕ ਹੈ ਅੱਖ ਦੇ ਝਮਕਣ ਜਿਤਨੇ ਸਮੇਂ ਵਾਸਤੇ ਭੀ ਉਹ ਪ੍ਰਭੂ ਸਾਡੇ ਮਨ ਤੋਂ ਭੁੱਲਣਾ ਨਹੀਂ ਚਾਹੀਦਾ । ਉਹ ਦਿਨ ਭਾਗਾਂ ਵਾਲੇ (ਸਮਝੋ, ਜਦੋਂ ਸਾਡਾ ਮਨ) ਗੁਰੂ ਦੇ ਚਰਨਾਂ ਵਿਚ ਜੁੜਿਆ ਰਹੇ, (ਪਰ ਇਹ ਸਾਡੇ ਆਪਣੇ ਵੱਸ ਦੀ ਗੱਲ ਨਹੀਂ, ਇਹ ਤਦੋਂ ਹੀ ਹੁੰਦਾ ਹੈ ਜਦੋਂ) ਉਸ ਜਗਤ ਦੇ ਮਾਲਕ ਪ੍ਰਭੂ ਦੀ ਮਿਹਰ (ਹੋਵੇ) ।

ਹੇ ਭਾਈ ! ਦਿਨ ਰਾਤ ਸੇਵਕਾਂ ਵਾਂਗ ਉਸ ਪ੍ਰਭੂ ਦੀ ਸੇਵਾ-ਭਗਤੀ ਕਰਿਆ ਕਰ; ਜੋ ਕੁਝ ਉਸ ਨੂੰ ਭਾਉਂਦਾ ਹੈ ਉਹੀ (ਜਗਤ ਵਿਚ) ਹੋ ਰਿਹਾ ਹੈ । ਨਾਨਕ ਤਾਂ ਉਸ ਸੁਖ-ਦਾਤੇ ਪ੍ਰਭੂ ਤੋਂ ਸਦਕੇ ਜਾਂਦਾ ਹੈ, (ਉਸ ਦੀ ਮਿਹਰ ਨਾਲ ਹੀ ਸਾਡੇ) ਮਨ ਵਿਚ ਤਨ ਵਿਚ (ਸਹੀ ਆਤਮਕ ਜੀਵਨ ਦਾ) ਚਾਨਣ ਹੋ ਸਕਦਾ ਹੈ । ੧ ।

ਸਲੋਕੁ ॥ ਹਰਿ ਸਿਮਰਤ ਮਨੁ ਤਨੁ ਸੁਖੀ ਬਿਨਸੀ ਦੁਤੀਆ ਸੋਚ ॥ ਨਾਨਕ ਟੇਕ ਗੋੁਪਾਲ ਕੀ ਗੋਵਿੰਦ ਸੰਕਟ ਮੋਚ ॥ ੧ ॥ ਛੰਤੁ ॥ ਭੈ ਸੰਕਟ ਕਾਟੇ ਨਾਰਾਇਣ ਦਇਆਲ ਜੀਉ ॥ ਹਰਿ ਗੁਣ ਆਨੰਦ ਗਾਏ ਪ੍ਰਭ

ਦੀਨਾਨਾਥ ਪ੍ਰਤਿਪਾਲ ਜੀਉ ॥ ਪ੍ਰਤਿਪਾਲ ਅਚੁਤ ਪੁਰਖੁ ਏਕੋ ਤਿਸਹਿ ਸਿਉ ਰੰਗੁ ਲਾਗਾ ॥ ਕਰ ਚਰਨ ਮਸਤਕੁ ਮੇਲਿ ਲੀਨੇ ਸਦਾ ਅਨਦਿਨੁ ਜਾਗਾ ॥ ਜੀਉ ਪਿੰਡੁ ਗ੍ਰਿਹੁ ਥਾਨੁ ਤਿਸ ਕਾ ਤਨੁ ਜੋਬਨੁ ਧਨੁ ਮਾਲੁ ਜੀਉ ॥ ਸਦ ਸਦਾ ਬਲਿ ਜਾਇ ਨਾਨਕੁ ਸਰਬ ਜੀਆ ਪ੍ਰਤਿਪਾਲ ਜੀਉ ॥੨॥ [੯੨੬]

ਪਦ ਅਰਥ :–ਸਿਮਰਤ–ਸਿਮਰਦਿਆਂ। ਬਿਨਸੀ–ਮੁੱਕ ਗਈ। ਦੁਤੀਆ–ਦੂਜੀ, ਹੋਰ ਹੋਰ। ਸੋਚ–ਚਿੰਤਾ-ਫ਼ਿਕਰ। ਟੇਕ–ਆਸਰਾ। ਗੁਪਾਲ–[ਅੱਖਰ 'ਗ' ਦੇ ਨਾਲ ਦੋ ਲਗਾ ਹਨ–ੋ ਅਤੇ ੁ। ਅਸਲ ਲਫ਼ਜ਼ 'ਗੋਪਾਲ' ਹੈ, ਇਥੇ 'ਗੁਪਾਲ' ਪੜ੍ਹਨਾ ਹੈ]। ਸੰਕਟ–ਦੁੱਖ ਕਲੇਸ਼। ਮੋਚ–ਨਾਸ ਕਰਨ ਵਾਲਾ। ੧।

ਛੰਤੁ ! ਭੈ–[ਲਫ਼ਜ਼ 'ਭਉ' ਤੋਂ ਬਹੁ ਵਚਨ]। ਦੀਨਾਨਾਥ–ਕਮਜ਼ੋਰਾਂ ਦਾ ਰਾਖਾ। ਪ੍ਰਤਿਪਾਲ–ਪਾਲਣਹਾਰ। ਅਚੁਤ–[ਅੱਚੁਤ। ਚ੍ਯੁ-To fall. ਡਿੱਗ ਪੈਣਾ] ਕਦੇ ਨਾਂਹ ਡਿੱਗਣ ਵਾਲਾ, ਅਬਿਨਾਸ਼ੀ। ਤਿਸਹਿ–[ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ]। ਸਿਉ–ਨਾਲ। ਰੰਗੁ–ਪ੍ਰੇਮ। ਕਰ–ਹੱਥ [ਬਹੁ ਵਚਨ]। ਮਸਤਕੁ–ਮੱਥਾ। ਅਨਦਿਨੁ–ਹਰ ਰੋਜ਼, ਹਰ ਵੇਲੇ। ਜੀਉ–ਜਿੰਦ। ਪਿੰਡੁ–ਸਰੀਰ। ਗ੍ਰਿਹੁ–ਘਰ। ਬਲਿ ਜਾਇ–ਸਦਕੇ ਜਾਂਦਾ ਹੈ। ੨।

ਅਰਥ :–ਹੇ ਨਾਨਕ ! ਜਿਸ ਮਨੁੱਖ ਨੇ ਸਾਰੇ ਸੰਕਟ ਦੂਰ ਕਰਨ ਵਾਲੇ ਗੋਬਿੰਦ ਗੋਪਾਲ ਦਾ ਆਸਰਾ ਲਿਆ, ਪਰਮਾਤਮਾ ਦਾ ਨਾਮ ਸਿਮਰਦਿਆਂ ਉਸ ਦਾ ਮਨ ਸੁਖੀ ਹੋ ਗਿਆ ਉਸ ਦਾ ਤਨ ਸੁਖੀ ਹੋ ਗਿਆ (ਕਿਉਂਕਿ ਪ੍ਰਭੂ ਦੀ ਯਾਦ ਤੋਂ ਬਿਨਾ ਉਸ ਦਾ) ਹੋਰ ਹੋਰ ਸਭ ਚਿੰਤਾ-ਫ਼ਿਕਰ ਦੂਰ ਹੋ ਗਿਆ। ੧।

ਛੰਤੁ ! ਹੇ ਭਾਈ ! ਜਿਸ ਮਨੁੱਖ ਨੇ ਦੀਨਾਂ ਦੇ ਨਾਥ ਪਾਲਣਹਾਰ ਹਰੀ ਪ੍ਰਭੂ ਦੇ ਗੁਣ ਗਾਣੇ ਸ਼ੁਰੂ ਕੀਤੇ, ਦਇਆ ਦੇ ਸੋਮੇ ਨਾਰਾਇਣ ਨੇ ਉਸ ਦੇ ਸਾਰੇ ਡਰ ਤੇ ਦੁੱਖ-ਕਲੇਸ਼ ਕੱਟ ਦਿੱਤੇ।

ਹੇ ਭਾਈ ! ਸਭ ਨੂੰ ਪਾਲਣ ਵਾਲਾ ਅਬਿਨਾਸ਼ੀ ਸਿਰਫ਼ ਅਕਾਲਪੁਰਖ ਹੀ ਹੈ, ਜਿਸ ਮਨੁੱਖ ਦਾ ਪਿਆਰ ਉਸ ਨਾਲ ਬਣ ਗਿਆ, ਜਿਸ ਨੇ ਆਪਣੇ ਹੱਥ ਆਪਣਾ ਮੱਥਾ ਉਸ ਦੇ ਚਰਨਾਂ ਉੱਤੇ ਰੱਖ ਦਿੱਤਾ, ਪ੍ਰਭੂ ਨੇ ਉਸ ਨੂੰ ਆਪਣੇ ਨਾਲ ਜੋੜ ਲਿਆ, (ਮਾਇਆ ਦੇ ਹੱਲਿਆਂ ਵਲੋਂ ਉਹ) ਸਦਾ ਹਰ ਵੇਲੇ ਸੁਚੇਤ ਰਹਿਣ ਲੱਗ ਪਿਆ।

ਹੇ ਭਾਈ ! (ਸਾਡੀ ਇਹ) ਜਿੰਦ (ਸਾਡਾ ਇਹ) ਸਰੀਰ, ਘਰ, ਥਾਂ, ਤਨ, ਜੋਬਨ ਅਤੇ ਧਨ-ਮਾਲ ਸਭ ਕੁਝ ਉਸ ਪਰਮਾਤਮਾ ਦਾ ਹੀ ਦਿੱਤਾ ਹੋਇਆ ਹੈ। ਉਹ ਪ੍ਰਭੂ ਸਾਰੇ ਜੀਵਾਂ ਦਾ ਪਾਲਣ ਵਾਲਾ ਹੈ। ਨਾਨਕ ਉਸ ਤੋਂ ਸਦਾ ਹੀ ਸਦਕੇ ਜਾਂਦਾ ਹੈ। ੨।

ਸਲੋਕੁ ॥ ਰਸਨਾ ਉਚਰੈ ਹਰਿ ਹਰੇ ਗੁਣ ਗੋਵਿੰਦ ਵਖਿਆਨ ॥ਨਾਨਕ ਪਕੜੀ ਟੇਕ ਏਕ ਪਰਮੇਸਰੁ ਰਖੈ ਨਿਦਾਨ ॥ ੧ ॥ ਛੰਤੁ ॥ ਸੋ ਸੁਆਮੀ ਪ੍ਰਭੁ ਰਖਕੋ ਅੰਚਲਿ ਤਾ ਕੈ ਲਾਗੁ ਜੀਉ ॥ ਭਜੁ ਸਾਧੂ ਸੰਗਿ ਦਇਆਲ ਦੇਵ ਮਨ ਕੀ ਮਤਿ ਤਿਆਗੁ ਜੀਉ ॥ ਇਕ ਓਟ ਕੀਜੈ ਜੀਉ ਦੀਜੈ ਆਸ ਇਕ ਧਰਣੀ ਧਰੈ ॥ ਸਾਧ ਸੰਗੇ ਹਰਿਨਾਮ ਰੰਗੇ ਸੰਸਾਰੁ ਸਾਗਰੁ ਸਭੁ ਤਰੈ॥ ਜਨਮ ਮਰਣ ਬਿਕਾਰ ਛੂਟੇ ਫਿਰਿ ਨ ਲਾਗੈ ਦਾਗੁ ਜੀਉ ॥ ਬਲਿ ਜਾਇ ਨਾਨਕੁ ਪੁਰਖ ਪੂਰਨ ਥਿਰੁ ਜਾ ਕਾ ਸੋਹਾਗੁ ਜੀਉ ॥੩॥ [ਪੰਨਾ ੯੨੬]

ਪਦ ਅਰਥ :–ਰਸਨਾ–ਜੀਭ(ਨਾਲ)। ਉਚਰੈ–ਉਚਾਰਦਾ ਹੈ। ਟੇਕ–ਆਸਰਾ। ਰਖੈ–ਰੱਖਿਆ ਕਰਦਾ ਹੈ। ਨਿਦਾਨ–ਅੰਤ ਨੂੰ।

ਛੰਤੁ। ਸੁਆਮੀ–ਮਾਲਕ। ਰਖਕੋ–ਰੱਖਿਅਕ, ਰਾਖਾ। ਤਾ ਕੈ ਅੰਚਲਿ–ਉਸ ਦੇ ਪੱਲੇ ਨਾਲ। ਜੀਉ–ਹੇ ਜੀ ! ਹੇ ਭਾਈ ! ਭਜੁ–ਭਜਨ ਕਰ। ਸਾਧੂ ਸੰਗਿ–ਗੁਰੂ ਦੀ ਸੰਗਤਿ ਵਿਚ। ਮਤਿ–ਸਿਆਣਪ। ਜੀਉ–ਜਿੰਦ, ਆਪਣਾ ਆਪਾ। ਧਰਣੀ ਧਰੈ–ਧਰਣੀ-ਧਰ ਦੀ, ਧਰਤੀ ਦੇ ਆਸਰੇ ਪ੍ਰਭੂ ਦੀ। ਸੰਗੇ–ਸੰਗਿ। ਰੰਗੇ–ਰੰਗਿ। ਸਭੁ–ਸਾਰਾ। ਤਰੈ–ਪਾਰ ਲੰਘ ਜਾਂਦਾ ਹੈ। ਛੂਟੇ–ਮੁੱਕ ਗਏ। ਥਿਰੁ–ਸਦਾ ਲਈ ਕਾਇਮ। ਸੁਹਾਗੁ–ਪਤੀ ਵਾਲਾ ਸਹਾਰਾ। ੩।

ਅਰਥ :–ਹੇ ਨਾਨਕ ! ਜਿਹੜਾ ਮਨੁੱਖ ਆਪਣੀ ਜੀਭ ਨਾਲ ਪਰਮਾਤਮਾ ਦਾ ਨਾਮ ਉਚਾਰਦਾ ਰਹਿੰਦਾ ਹੈ, ਗੋਬਿੰਦ ਦੇ ਗੁਣ ਬਿਆਨ ਕਰਦਾ ਰਹਿੰਦਾ ਹੈ, ਸਦਾ ਇਕ ਪਰਮੇਸਰ ਦਾ ਆਸਰਾ ਲਈ ਰੱਖਦਾ ਹੈ, ਪਰਮਾਤਮਾ ਆਖ਼ਰ ਉਸ ਦੀ ਰੱਖਿਆ ਕਰਦਾ ਹੈ। ੧।

ਛੰਤੁ। ਹੇ ਭਾਈ ! ਉਹੀ ਮਾਲਕ-ਪ੍ਰਭੂ ਹੀ (ਅਸਾਂ ਜੀਵਾਂ ਦਾ) ਰਾਖਾ ਹੈ, ਸਦਾ ਉਸ ਦੇ ਲੜ ਲੱਗਾ ਰਹੁ। ਆਪਣੇ ਮਨ ਦੀ ਸਿਆਣਪ ਛੱਡ ਦੇਹ, ਗੁਰੂ ਦੀ ਸੰਗਤਿ ਵਿਚ ਟਿਕ ਕੇ ਉਸ ਦਇਆ-ਦੇ-ਘਰ ਪ੍ਰਭੂ ਦਾ ਭਜਨ ਕਰਿਆ ਕਰ।

ਹੇ ਭਾਈ ! ਸਿਰਫ਼ ਇਕ ਪਰਮਾਤਮਾ ਦਾ ਆਸਰਾ ਲੈਣਾ ਚਾਹੀਦਾ ਹੈ, ਆਪਣਾ ਆਪ ਉਸਦੇ ਹਵਾਲੇ ਕਰ ਦੇਣਾ ਚਾਹੀਦਾ ਹੈ, ਸਾਰੀ ਸ੍ਰਿਸ਼ਟੀ ਦੇ ਆਸਰੇ ਉਸ ਪ੍ਰਭੂ ਦੀ ਹੀ ਆਸ ਰੱਖਣੀ ਚਾਹੀਦੀ ਹੈ। ਜਿਹੜਾ ਮਨੁੱਖ ਗੁਰੂ ਦੀ ਸੰਗਤਿ ਵਿਚ ਰਹਿ ਕੇ ਪਰ-ਮਾਤਮਾ ਦੇ ਨਾਮ ਦੇ ਪਿਆਰ ਵਿਚ ਟਿਕਿਆ ਰਹਿੰਦਾ ਹੈ, ਉਹ ਮਨੁੱਖ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ। ਉਸ ਮਨੁੱਖ ਦੇ ਜਨਮ ਮਰਨ ਦੇ ਗੇੜ ਉਸ ਦੇ ਪਿਛਲੇ ਕੀਤੇ

ਸਾਰੇ ਕੁਕਰਮ ਮੁੱਕ ਜਾਂਦੇ ਹਨ, ਮੁੜ ਕਦੇ ਉਸ ਨੂੰ ਵਿਕਾਰਾਂ ਦਾ ਦਾਗ਼ ਨਹੀਂ ਲੱਗਦਾ।

ਹੇ ਭਾਈ ! ਜਿਸ ਪਰਮਾਤਮਾ ਦਾ ਪਤੀ ਵਾਲਾ ਸਹਾਰਾ ਸਦਾ (ਜੀਵਾਂ ਦੇ ਸਿਰ ਉਤੇ) ਕਾਇਮ ਰਹਿੰਦਾ ਹੈ, ਨਾਨਕ ਉਸ ਸਰਬ-ਗੁਣ-ਭਰਪੂਰ ਸਰਬ-ਵਿਆਪਕ ਪ੍ਰਭੂ ਤੋਂ ਸਦਕੇ ਜਾਂਦਾ ਹੈ। ੩।

ਸਲੋਕੁ ॥ ਧਰਮ ਅਰਥ ਅਰੁ ਕਾਮ ਮੋਖ ਮੁਕਤਿ ਪਦਾਰਥ ਨਾਥ ॥ ਸਗਲ ਮਨੋਰਥ ਪੂਰਿਆ ਨਾਨਕ ਲਿਖਿਆ ਮਾਥ ॥ ੧ ॥ ਛੰਤੁ ॥ ਸਗਲ ਇਛ ਮੇਰੀ ਪੁੰਨੀਆ ਮਿਲਿਆ ਨਿਰੰਜਨ ਰਾਇ ਜੀਉ ॥ ਅਨਦੁ ਭਇਆ ਵਡਭਾਗੀਹੋ ਗ੍ਰਿਹਿ ਪ੍ਰਗਟੇ ਪ੍ਰਭ ਆਇ ਜੀਉ ॥ ਗ੍ਰਿਹਿ ਲਾਲ ਆਏ ਪੁਰਬਿ ਕਮਾਏ ਤਾ ਕੀ ਉਪਮਾ ਕਿਆ ਗਣਾ ॥ ਬੇਅੰਤ ਪੂਰਨ ਸੁਖ ਸਹਜ ਦਾਤਾ ਕਵਨ ਰਸਨਾ ਗੁਣ ਭਣਾ ॥ ਆਪੇ ਮਿਲਾਏ ਗਹਿ ਕੰਠਿ ਲਾਏ ਤਿਸੁ ਬਿਨਾ ਨਹੀ ਜਾਇ ਜੀਉ ॥ ਬਲਿ ਜਾਇ ਨਾਨਕੁ ਸਦਾ ਕਰਤੇ ਸਭ ਮਹਿ ਰਹਿਆ ਸਮਾਇ ਜੀਉ ॥ ੪ ॥ ੪ ॥ [ਪੰਨਾ ੯੨੭]

ਪਦ ਅਰਥ :—ਅਰੁ—ਅਤੇ। ਸਗਲ—ਸਾਰੇ। ਮਨੋਰਥ—ਮਨ ਦੀਆਂ ਮੁਰਾਦਾਂ। ਮਾਥ—ਮੱਥੇ ਉਤੇ। ੧।

ਛੰਤੁ। ਇਛ—ਮੁਰਾਦਾਂ। ਪੁੰਨੀਆ—ਪੂਰੀਆਂ ਹੋ ਗਈਆਂ। ਨਿਰੰਜਨ—ਨਿਰ-ਅੰਜਨ, ਨਿਰਲੇਪ। ਰਾਇ—ਪਾਤਿਸ਼ਾਹ। ਗ੍ਰਿਹਿ—(ਜਿਸ ਦੇ) ਹਿਰਦੇ-ਘਰ ਵਿਚ। ਆਇ—ਆ ਕੇ। ਪੁਰਬਿ ਕਮਾਏ—ਪੂਰਬਲੇ ਜਨਮ ਵਿਚ ਜਿਸ ਨੇ ਚੰਗੇ ਕਰਮ ਕੀਤੇ। ਤਾ ਕੀ—ਉਸ (ਪਰਮਾਤਮਾ) ਦੀ। ਉਪਮਾ—ਵਡਿਆਈ। ਗਣਾ—ਗਣਾਂ, ਮੈਂ ਦੱਸਾਂ। ਸਹਜ—ਆਤਮਕ ਅਡੋਲਤਾ। ਰਸਨਾ—ਜੀਭ ਨਾਲ। ਕਵਨ ਗੁਣ—ਕਿਹੜੇ ਕਿਹੜੇ ਗੁਣ ? ਭਣਾ—ਭਣਾਂ, ਮੈਂ ਉਚਾਰਾਂ।

ਆਪੇ—ਆਪ ਹੀ। ਗਹਿ—ਫੜ ਕੇ। ਕੰਠਿ—ਗਲ ਨਾਲ। ਜਾਇ—ਥਾਂ, ਆਸਰਾ। ਕਰਤੇ—ਕਰਤਾਰ ਤੋਂ। ੪।

ਅਰਥ :—ਹੇ ਨਾਨਕ ! (ਦੁਨੀਆ ਦੇ ਪ੍ਰਸਿੱਧ ਚਾਰ ਪਦਾਰਥ) ਧਰਮ ਅਰਥ ਕਾਮ ਅਤੇ ਮੋਖ ਦਾ ਮਾਲਕ ਪ੍ਰਭੂ ਆਪ ਹੈ। ਜਿਸ ਮਨੁੱਖ ਦੇ ਮੱਥੇ ਉਤੇ ਲੇਖ ਲਿਖਿਆ ਹੋਇਆ ਹੋਵੇ (ਉਸ ਨੂੰ ਉਹ ਪ੍ਰਭੂ ਆ ਮਿਲਦਾ ਹੈ ਅਤੇ) ਉਸ ਦੇ ਸਾਰੇ ਮਨੋਰਥ ਪੂਰੇ ਹੋ ਜਾਂਦੇ ਹਨ। ੧।

ਛੰਤੁ। ਹੇ ਭਾਈ ! ਨਿਰਲੇਪ ਪ੍ਰਭੂ-ਪਾਤਿਸ਼ਾਹਿ (ਜਦੋਂ ਦਾ) ਮੈਨੂੰ ਮਿਲਿਆ ਹੈ, ਮੇਰੀਆਂ ਸਾਰੀਆਂ ਮੁਰਾਦਾਂ ਪੂਰੀਆਂ ਹੋ ਗਈਆਂ ਹਨ।

ਹੇ ਵੱਡੇ ਭਾਗਾਂ ਵਾਲੇ ਸੱਜਣੋ! ਜਿਸ ਮਨੁੱਖ ਦੇ ਹਿਰਦੇ-ਘਰ ਵਿਚ ਪ੍ਰਭੂ ਜੀ ਆ ਵੱਸਦੇ ਹਨ, ਉਸਦੇ ਅੰਦਰ ਆਤਮਕ ਆਨੰਦ ਬਣਿਆ ਰਹਿੰਦਾ ਹੈ। ਪਰ, ਹੇ ਭਾਈ! ਉਸ ਦੇ ਹਿਰਦੇ-ਘਰ ਵਿਚ ਸੋਹਣਾ ਪਾਤਿਸ਼ਾਹਿ ਆ ਕੇ ਵੱਸਦਾ ਹੈ ਜਿਸ ਨੇ ਪੂਰਬਲੇ ਜਨਮ ਵਿਚ ਨੇਕ ਕਰਮ ਕਮਾਏ ਹੁੰਦੇ ਹਨ। ਮੈਂ ਉਸ ਪ੍ਰਭੂ ਦੀ ਕੋਈ ਵਡਿਆਈ ਕਰਨ-ਜੋਗ ਨਹੀਂ ਹਾਂ। ਉਹ ਬੇਅੰਤ ਹੈ, ਸਾਰੇ ਗੁਣਾਂ ਨਾਲ ਭਰਪੂਰ ਹੈ, ਆਤਮਕ ਅਡੋਲਤਾ ਦੇ ਆਨੰਦ ਬਖ਼ਸ਼ਣ ਵਾਲਾ ਹੈ। ਮੈਂ ਆਪਣੀ ਜੀਭ ਨਾਲ ਉਸ ਦੇ ਕਿਹੜੇ ਕਿਹੜੇ ਗੁਣ ਬਿਆਨ ਕਰਾਂ?

ਹੇ ਭਾਈ! ਉਹ ਆਪ ਹੀ (ਕਿਸੇ ਵਡਭਾਗੀ ਨੂੰ ਆਪਣੇ ਚਰਨਾਂ ਵਿਚ) ਜੋੜਦਾ ਹੈ, ਉਸ ਨੂੰ ਫੜ ਕੇ ਆਪਣੇ ਗਲ ਨਾਲ ਲਾਂਦਾ ਹੈ। ਹੇ ਭਾਈ! ਉਸ ਪ੍ਰਭੂ ਤੋਂ ਬਿਨਾ ਹੋਰ ਕੋਈ (ਮੇਰਾ) ਸਹਾਰਾ ਨਹੀਂ। ਨਾਨਕ ਸਦਾ ਉਸ ਕਰਤਾਰ ਤੋਂ ਸਦਕੇ ਜਾਂਦਾ ਹੈ, ਉਹ ਸਭਨਾਂ ਜੀਵਾਂ ਵਿਚ ਵਿਆਪਕ ਹੈ। ੪। ੪।

ਰਾਗੁ ਰਾਮਕਲੀ ਮਹਲਾ ੫ ॥ ਰਣਝੁੰਝਨੜਾ ਗਾਉ ਸਖੀ ਹਰਿ ਏਕੁ ਧਿਆਵਹੁ ॥ ਸਤਿਗੁਰੁ ਤੁਮ ਸੇਵਿ ਸਖੀ ਮਨਿ ਚਿੰਦਿਅੜਾ ਫਲੁ ਪਾਵਹੁ ॥ [ਪੰਨਾ ੯੨੭]

ਨੋਟ—ਕਰਤਾਰਪੁਰ ਸਾਹਿਬ ਵਾਲੀ 'ਬੀੜ' ਵਿਚ ਅਤੇ ਛਾਪੇ ਦੀਆਂ ਬੀੜਾਂ ਵਿਚ ਇਸ 'ਛੰਤ' ਦੀਆਂ ਸਿਰਫ਼ ਇਹੀ ਦੋ ਤੁਕਾਂ ਹਨ।

ਪਦ ਅਰਥ :—ਰਣ—ਜੁੱਧ। ਝੁੰਝਨਾ—ਜਿੱਤਨਾ। ਰਣ ਝੁੰਝਨੜਾ—ਉਹ ਸੋਹਣਾ ਗੀਤ ਜਿਸ ਨਾਲ ਇਸ ਜਗਤ ਦੀ ਰਣ-ਭੂਮੀ ਵਿਚ ਬਿਬੇਕ ਦੀ ਸੈਨਾ ਮੋਹ ਦੀ ਸੈਨਾ ਨੂੰ ਜਿੱਤ ਲਏ, ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ। ਸਖੀ—ਹੇ ਸਹੇਲੀਹੋ! ਸਤਿਗੁਰੁ ਸੇਵਿ—ਗੁਰੂ ਦੀ ਸਰਨ ਪਵੋ। ਮਨਿ—ਮਨ ਵਿਚ। ਚਿੰਦਿਅੜਾ—ਚਿਤਵਿਆ ਹੋਇਆ।

ਅਰਥ :—ਹੇ ਸਹੇਲੀਹੋ! ਹੇ ਸਤਸੰਗੀਓ! ਇਕ ਪਰਮਾਤਮਾ ਦਾ ਧਿਆਨ ਧਰੋ; ਪ੍ਰਭੂ ਦੀ ਸਿਫ਼ਤਿ ਸਾਲਾਹ ਦਾ (ਉਹ) ਸੋਹਣਾ ਗੀਤ ਗਾਵੋ (ਜਿਸ ਦੀ ਬਰਕਤ ਨਾਲ ਵਿਕਾਰਾਂ ਦਾ ਟਾਕਰਾ ਕਰ ਸਕੋ)। ਹੇ ਸਹੇਲੀਹੋ! ਗੁਰੂ ਦੀ ਸਰਨ ਪਵੋ, (ਇਸ ਤਰ੍ਹਾਂ ਵਿਕਾਰਾਂ ਦੇ ਟਾਕਰੇ ਤੇ ਜਿੱਤ ਪ੍ਰਾਪਤ ਕਰਨ ਦਾ ਇਹ) ਮਨ-ਇੱਛਤ ਫਲ ਪ੍ਰਾਪਤ ਕਰ ਲਵੋਗੀਆਂ।

ਰਾਮਕਲੀ ਮਹਲਾ ੫ ਰੁਤੀ ਸਲੋਕੁ

ੴ ਸਤਿਗੁਰ ਪ੍ਰਸਾਦਿ ॥ ਕਰਿ ਬੰਦਨ ਪ੍ਰਭ ਪਾਰਬ੍ਰਹਮ ਬਾਛਉ ਸਾਧਹ ਧੂਰਿ ॥ ਆਪੁ ਨਿਵਾਰਿ ਹਰਿ ਹਰਿ ਭਜਉ ਨਾਨਕ ਪ੍ਰਭ ਭਰਪੂਰਿ ॥

੧ ॥ ਕਿਲਵਿਖ ਕਾਟਣ ਭੈ ਹਰਣ ਸੁਖ ਸਾਗਰ ਹਰਿ ਰਾਇ ॥ ਦੀਨ ਦਇਆਲ ਦੁਖ ਭੰਜਨੋ ਨਾਨਕ ਨੀਤ ਧਿਆਇ ॥ ੨ ॥ ਛੰਤੁ ॥ ਜਸੁ ਗਾਵਹੁ ਵਡਭਾਗੀਹੋ ਕਰਿ ਕਿਰਪਾ ਭਗਵੰਤ ਜੀਉ ॥ ਰੁਤੀ ਮਾਹ ਮੂਰਤ ਘੜੀ ਗੁਣ ਉਚਰਤ ਸੋਭਾਵੰਤ ਜੀਉ ॥ ਗੁਣ ਰੰਗਿ ਰਾਤੇ ਧੰਨਿ ਤੇ ਜਨ ਜਿਨਿ ਇਕ ਮਨਿ ਧਿਆਇਆ ॥ ਸਫਲ ਜਨਮੁ ਭਇਆ ਤਿਨ ਕਾ ਜਿਨੀ ਸੋ ਪ੍ਰਭੁ ਪਾਇਆ॥ ਪੁੰਨ ਦਾਨ ਨਾ ਤੁਲਿ ਕਿਰਿਆ ਹਰਿ ਸਰਬ ਪਾਪਾ ਹੰਤ ਜੀਉ ॥ ਬਿਨਵੰਤਿ ਨਾਨਕ ਸਿਮਰਿ ਜੀਵਾ ਜਨਮ ਮਰਣ ਰਹੰਤ ਜੀਉ॥ ੧ ॥ [ਪੰਨਾ ੯੨੭]

ਪਦ ਅਰਥ :—ਬੰਦਨ—ਨਮਸਕਾਰ । ਬਾਛਉ—ਬਾਛਉਂ, ਮੈਂ ਮੰਗਦਾ ਹਾਂ। ਸਾਧਹ ਧੂਰਿ—ਸੰਤ ਜਨਾਂ ਦੀ ਚਰਨ ਧੂੜ । ਆਪੁ—ਆਪਾ-ਭਾਵ । ਨਿਵਾਰਿ—ਦੂਰ ਕਰ ਕੇ । ਭਜਉ—ਭਜਉਂ, ਮੈਂ ਜਪਦਾ ਹਾਂ । ਭਰਪੂਰਿ—ਸਰਬ-ਵਿਆਪਕ । ੧ ।

ਕਿਲਵਿਖ—ਪਾਪ । ਭੈ—[ਲਫ਼ਜ਼ 'ਭਉ' ਤੋਂ ਬਹੁ ਵਚਨ] । ਸੁਖ ਸਾਗਰ—ਸੁਖਾਂ ਦਾ ਸਮੁੰਦਰ । ਦੁਖ ਭੰਜਨੋ—ਦੁੱਖਾਂ ਦਾ ਨਾਸ ਕਰਨ ਵਾਲਾ । ਨੀਤ—ਨਿੱਤ, ਸਦਾ । ੨ ।

ਛੰਤੁ । ਜਸੁ—ਸਿਫ਼ਤਿ ਸਾਲਾਹ ਦਾ ਗੀਤ । ਵਡਭਾਗੀਹੋ—ਹੇ ਵੱਡੇ ਭਾਗਾਂ ਵਾਲਿਓ! ਭਗਵੰਤ—ਭਗਵਾਨ । ਰੁਤੀ—ਰੁਤਾਂ । ਮਾਹ—ਮਹੀਨੇ । ਮੂਰਤ—ਮੁਹੂਰਤ [ਲਫ਼ਜ਼ 'ਮੂਰਤ' ਅਤੇ 'ਮੂਰਤਿ' ਦਾ ਫ਼ਰਕ ਚੇਤੇ ਰੱਖੋ] ਦੋ ਘੜੀਆਂ ਜਿਤਨਾ ਸਮਾ [ਇਥੇ ਲਫ਼ਜ਼ 'ਮੂਰਤ' ਬਹੁ ਵਚਨ ਹੈ] । ਉਚਰਤ—ਉਚਾਰਦਿਆਂ । ਸੋਭਾਵੰਤ—ਸੋਭਾ ਵਾਲੇ । ਰੰਗਿ—ਪ੍ਰੇਮ-ਰੰਗ ਵਿਚ । ਰਾਤੇ—ਰੰਗੇ ਹੋਏ । ਧੰਨਿ—ਭਾਗਾਂ ਵਾਲੇ । ਤੇ—ਉਹ [ਬਹੁ ਵਚਨ] । ਇਕ ਮਨਿ—ਇਕ ਮਨ ਦੀ ਰਾਹੀਂ, ਇਕਾਗ੍ਰ-ਮਨ ਹੋ ਕੇ । ਸਫਲ—ਕਾਮਯਾਬ । ਤੁਲਿ—ਬਰਾਬਰ । ਕਿਰਿਆ—(ਮਿਥੇ ਹੋਏ ਧਾਰਮਿਕ) ਕੰਮ । ਪਾਪਾ ਹੰਤ—ਪਾਪਾਂ ਦਾ ਨਾਸ ਕਰਨ ਵਾਲਾ । ਸਿਮਰਿ—ਸਿਮਰ ਕੇ । ਜੀਵਾ—ਜੀਵਾਂ, ਮੈਂ ਜੀਊਂਦਾ ਹਾਂ, ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ । ਰਹੰਤ—ਰਹਿ ਜਾਂਦਾ ਹੈ । ੧ ।

ਅਰਥ :—ਹੇ ਨਾਨਕ ! (ਆਖ—ਹੇ ਭਾਈ !) ਪਾਰਬ੍ਰਹਮ ਪ੍ਰਭੂ ਨੂੰ ਨਮਸਕਾਰ ਕਰ ਕੇ ਮੈਂ (ਉਸ ਦੇ ਦਰ ਤੋਂ) ਸੰਤ ਜਨਾਂ ਦੇ ਚਰਨਾਂ ਦੀ ਧੂੜ ਮੰਗਦਾ ਹਾਂ, ਅਤੇ ਆਪਾ-ਭਾਵ ਦੂਰ ਕਰ ਕੇ ਮੈਂ ਉਸ ਸਰਬ-ਵਿਆਪਕ ਪ੍ਰਭੂ ਦਾ ਨਾਮ ਜਪਦਾ ਹਾਂ । ੧ ।

ਪ੍ਰਭੂ ਪਾਤਿਸ਼ਾਹਿ ਸਾਰੇ ਪਾਪ ਕੱਟਣ ਵਾਲਾ ਹੈ, ਸਾਰੇ ਡਰ ਦੂਰ ਕਰਨ ਵਾਲਾ ਹੈ, ਸੁਖਾਂ ਦਾ ਸਮੁੰਦਰ ਹੈ, ਗਰੀਬਾਂ ਉਤੇ ਦਇਆ ਕਰਨ ਵਾਲਾ ਹੈ,(ਗਰੀਬਾਂ ਦੇ) ਦੁੱਖ ਨਾਸ ਕਰਨ ਵਾਲਾ ਹੈ । ਹੇ ਨਾਨਕ ! ਉਸ ਨੂੰ ਸਦਾ ਸਿਮਰਦਾ ਰਹੁ । ੨ ।

ਛੰਤੁ । ਹੇ ਵੱਡੇ ਭਾਗਾਂ ਵਾਲਿਓ ! ਪਰਮਾਤਮਾ ਦੀ ਸਿਫ਼ਤਿ ਸਾਲਾਹ ਦਾ ਗੀਤ ਗਾਂਦੇ ਰਿਹਾ ਕਰੋ । ਹੇ ਭਗਵਾਨ ! (ਮੇਰੇ ਉਤੇ) ਮਿਹਰ ਕਰ (ਮੈਂ ਭੀ ਤੇਰਾ ਜਸ ਗਾਂਦਾ ਰਹਾਂ । ਹੇ ਭਾਈ !ਜਿਹੜੀਆਂ ਰੁੱਤਾਂ, ਜਿਹੜੇ ਮੁਹੂਰਤ, ਜਿਹੜੀਆਂ ਘੜੀਆਂ ਪਰਮਾਤਮਾ ਦੇ ਗੁਣ ਉਚਾਰਦਿਆਂ ਬੀਤਣ, ਉਹ ਸਮੇ ਸੋਭਾ ਵਾਲੇ ਹੁੰਦੇ ਹਨ ।

ਹੇ ਭਾਈ!ਜਿਹੜੇ ਬੰਦੇ ਪਰਮਾਤਮਾ ਦੇ ਗੁਣਾਂ ਦੇ ਪਿਆਰ-ਰੰਗ ਵਿਚ ਰੰਗੇ ਰਹਿੰਦੇ ਹਨ, ਜਿਨ੍ਹਾਂ ਬੰਦਿਆਂ ਨੇ ਇਕ-ਮਨ ਹੋ ਕੇ ਪਰਮਾਤਮਾ ਦਾ ਸਿਮਰਨ ਕੀਤਾ ਹੈ, ਉਹ ਬੰਦੇ ਭਾਗਾਂ ਵਾਲੇ ਹਨ। ਹੇ ਭਾਈ ! (ਸਿਮਰਨ ਦੀ ਬਰਕਤ ਨਾਲ) ਜਿਨ੍ਹਾਂ ਨੇ ਪਰਮਾਤਮਾ ਦਾ ਮਿਲਾਪ ਹਾਸਲ ਕਰ ਲਿਆ ਹੈ ਉਹਨਾਂ ਦਾ ਮਨੁੱਖਾ ਜੀਵਨ ਕਾਮਯਾਬ ਹੋ ਗਿਆ ਹੈ।

ਹੇ ਭਾਈ ! ਪਰਮਾਤਮਾ (ਦਾ ਨਾਮ) ਸਾਰੇ ਪਾਪਾਂ ਦਾ ਨਾਸ ਕਰਨ ਵਾਲਾ ਹੈ, ਕੋਈ ਪੁੰਨ-ਦਾਨ ਕੋਈ ਧਾਰਮਿਕ ਕਰਮ ਹਰਿ-ਨਾਮ ਸਿਮਰਨ ਦੇ ਬਰਾਬਰ ਨਹੀਂ ਹਨ । ਨਾਨਕ ਬੇਨਤੀ ਕਰਦਾ ਹੈ–ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰ ਕੇ ਮੈਂ ਆਤਮਕ ਜੀਵਨ ਪ੍ਰਾਪਤ ਕਰਦਾ ਹਾਂ । (ਸਿਮਰਨ ਦੀ ਬਰਕਤ ਨਾਲ) ਜਨਮ ਮਰਨ (ਦੇ ਗੇੜ) ਮੁੱਕ ਜਾਂਦੇ ਹਨ । ੧ ।

ਸਲੋਕ ॥ ਉਦਮੁ ਅਗਮੁ ਅਗੋਚਰੋ ਚਰਨ ਕਮਲ ਨਮਸਕਾਰ॥ਕਥਨੀ ਸਾ ਤੁਧੁ ਭਾਵਸੀ ਨਾਨਕ ਨਾਮ ਅਧਾਰ ॥ ੧ ॥ ਸੰਤ ਸਰਣਿ ਸਾਜਨ ਪਰਹੁ ਸੁਆਮੀ ਸਿਮਰਿ ਅਨੰਤ ॥ ਸੂਕੇ ਤੇ ਹਰਿਆ ਥੀਆ ਨਾਨਕ ਜਪਿ ਭਗਵੰਤ ॥੨॥ ਛੰਤੁ ॥ ਰੁਤਿ ਸਰਸ ਬਸੰਤ ਮਾਹ ਚੇਤੁ ਵੈਸਾਖ ਸੁਖ ਮਾਸੁ ਜੀਉ ॥ ਹਰਿ ਜੀਉ ਨਾਹੁ ਮਿਲਿਆ ਮਉਲਿਆ ਮਨੁ ਤਨੁ ਸਾਸੁ ਜੀਉ ॥ ਘਰਿ ਨਾਹੁ ਨਿਹਚਲੁ ਅਨਦੁ ਸਖੀਏ ਚਰਨ ਕਮਲ ਪ੍ਰਫੁਲ੍ਲਿਆ ॥ ਸੁੰਦਰੁ ਸੁਘੜੁ ਸੁਜਾਣੁ ਬੇਤਾ ਗੁਣ ਗੋਵਿੰਦ ਅਮੁਲਿਆ ॥ ਵਡਭਾਗਿ ਪਾਇਆ ਦੁਖੁ ਗਵਾਇਆ ਭਈ ਪੂਰਨ ਆਸ ਜੀਉ ॥ ਬਿਨਵੰਤਿ ਨਾਨਕ ਸਰਣਿ ਤੇਰੀ ਮਿਟੀ ਜਮ ਕੀ ਤ੍ਰਾਸ ਜੀਉ ॥ ੨ ॥ [੯੨੭]

ਪਦ ਅਰਥ :–ਉਦਮੁ–(all-energy, ਜਿਸ ਵਿਚ ਕਿਤੇ ਰਤਾ ਭੀ ਆਲਸ ਨਾਹ ਹੋਵੇ) । ਅਗਮੁ–ਅਪਹੁੰਚ । ਅਗੋਚਰੋ–ਅਗੋਚਰੁ [ਅ-ਗੋ-ਚਰ] ਜਿਸ ਤਕ ਗਿਆਨ-ਇੰਦ੍ਰਿਆਂ ਦੀ ਰਾਹੀਂ ਪਹੁੰਚ ਨਾਹ ਹੋ ਸਕੇ । ਕਥਨੀ ਸਾ–ਕਥਨੀ ਸਾ (ਕਥਾਂ), ਮੈਂ ਉਹ ਬੋਲ ਬੋਲਾਂ । ਤੁਧੁ–ਤੈਨੂੰ । ਅਧਾਰ–ਆਸਰਾ । ੧ ।

ਸਾਜਨ–ਹੇ ਸੱਜਣੋ ! ਪਰਹੁ–ਪਏ ਰਹੋ । ਸਿਮਰਿ–ਸਿਮਰ ਕੇ ; ਤੇ–ਤੋਂ । ਜਪਿ-

ਜਪ ਕੇ । ੨ ।

ਛੰਤੁ । ਸਰਸ–ਰਸ ਵਾਲੀ, ਰਸੀਲੀ, ਸੁਆਦਲੀ । ਮਾਸੁ–ਮਹੀਨਾ । ਨਾਹੁ–ਨਾਥ, ਖਸਮ । ਮਉਲਿਆ–ਖਿੜ ਪਿਆ । ਸਾਸੁ–ਸਾਹ । ਘਰਿ–ਹਿਰਦੇ-ਘਰ ਵਿਚ । ਨਿਹਚਲੁ–ਸਦਾ ਕਾਇਮ ਰਹਿਣ ਵਾਲਾ । ਸਖੀਏ–ਹੇ ਸਹੇਲੀਏ ! ਸੁਘੜੁ–ਸੋਹਣੀ ਘਾੜਤ ਵਾਲਾ । ਬੇਤਾ–(ਸਭ ਕੁਝ) ਜਾਣਨ ਵਾਲਾ । ਵਡਭਾਗਿ–ਵੱਡੀ ਕਿਸਮਤ ਨਾਲ । ਤ੍ਰਾਸ–ਡਰ ।

ਅਰਥ :–ਹੇ ਪ੍ਰਭੂ ! ਤੂੰ ਉੱਦਮ-ਸਰੂਪ ਹੈਂ (ਤੇਰੇ ਵਿਚ ਰਤਾ ਭੀ ਆਲਸ ਨਹੀਂ ਹੈ), ਤੂੰ ਅਪਹੁੰਚ ਹੈਂ, ਗਿਆਨ-ਇੰਦ੍ਰਿਆਂ ਦੀ ਤੇਰੇ ਤਕ ਪਹੁੰਚ ਨਹੀਂ; ਮੈਂ ਤੇਰੇ ਸੋਹਣੇ ਚਰਨਾਂ ਤੇ ਨਮਸਕਾਰ ਕਰਦਾ ਹਾਂ । ਹੇ ਪ੍ਰਭੂ ! (ਮਿਹਰ ਕਰ) ਮੈਂ (ਸਦਾ) ਉਹ ਬੋਲ ਬੋਲਾਂ ਜੋ ਤੈਨੂੰ ਚੰਗਾ ਲੱਗੇ । ਤੇਰਾ ਨਾਮ ਹੀ ਨਾਨਕ ਦਾ ਆਸਰਾ ਬਣਿਆ ਰਹੇ । ੧ ।

ਹੇ ਨਾਨਕ ! (ਆਖ–) ਹੇ ਸੱਜਣੋ ! ਗੁਰੂ-ਸੰਤ ਦੀ ਸਰਨ ਪਏ ਰਹੋ । (ਗੁਰੂ ਦੀ ਰਾਹੀਂ) ਬੇਅੰਤ ਮਾਲਕ-ਪ੍ਰਭੂ ਨੂੰ ਸਿਮਰ ਕੇ, ਭਗਵਾਨ ਦਾ ਨਾਮ ਜਪ ਕੇ (ਮਨੁੱਖ) ਸੁੱਕੇ ਤੋਂ ਹਰਾ ਹੋ ਜਾਂਦਾ ਹੈ । ੨ ।

ਛੰਤੁ । (ਹੇ ਸੱਜਣੋ ! ਜਿਸ ਮਨੁੱਖ ਨੂੰ) ਪ੍ਰਭੂ-ਖਸਮ ਮਿਲ ਪੈਂਦਾ ਹੈ, ਉਸ ਦਾ ਮਨ ਉਸ ਦਾ ਤਨ ਉਸ ਦਾ (ਹਰੇਕ) ਸਾਹ ਖ਼ੁਸ਼ੀ ਨਾਲ ਮਹਿਕ ਉਠਦਾ ਹੈ, ਉਸ ਨੂੰ ਬਸੰਤ ਦੀ ਰੁਤਿ ਆਨੰਦ-ਦਾਇਕ ਪ੍ਰਤੀਤ ਹੁੰਦੀ ਹੈ, ਉਸ ਵਾਸਤੇ ਮਹੀਨਾ ਚੇਤ ਉਸ ਵਾਸਤੇ ਵੈਸਾਖ ਦਾ ਮਹੀਨਾ ਸੁਖਾਂ ਨਾਲ ਭਰਪੂਰ ਹੋ ਜਾਂਦਾ ਹੈ ।

ਹੇ ਸਹੇਲੀਏ ! ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਪ੍ਰਭੂ-ਪਤੀ ਦੇ ਸੋਹਣੇ ਚਰਨ ਆ ਵੱਸਣ, ਉਸ ਦਾ ਹਿਰਦਾ ਖਿੜ ਪੈਂਦਾ ਹੈ; ਜਿਸ ਹਿਰਦੇ-ਘਰ ਵਿਚ ਸਦਾ ਕਾਇਮ ਰਹਿਣ ਵਾਲਾ ਪ੍ਰਭੂ-ਪਤੀ ਆ ਵੱਸੇ, ਉਥੇ ਸਦਾ ਆਨੰਦ ਬਣਿਆ ਰਹਿੰਦਾ ਹੈ । ਹੇ ਸਹੇਲੀਏ ! ਉਹ ਪ੍ਰਭੂ ਸੁੰਦਰ ਹੈ, ਸੋਹਣਾ ਹੈ, ਸੁਜਾਨ ਹੈ, (ਸਭ ਦੇ ਦਿਲ ਦੀ) ਜਾਣਨ ਵਾਲਾ ਹੈ । ਉਸ ਗੋਬਿੰਦ ਦੇ ਗੁਣ ਕਿਸੇ ਮੁੱਲ ਤੋਂ ਨਹੀਂ ਮਿਲ ਸਕਦੇ ।

ਹੇ ਸਹੇਲੀਏ ! ਜਿਸ ਜੀਵ-ਇਸਤ੍ਰੀ ਨੇ ਚੰਗੀ ਕਿਸਮਤ ਨਾਲ ਉਸ ਦਾ ਮਿਲਾਪ ਪ੍ਰਾਪਤ ਕਰ ਲਿਆ, ਉਸ ਨੇ ਆਪਣਾ ਸਾਰਾ ਦੁੱਖ ਦੂਰ ਕਰ ਲਿਆ, ਉਸ ਦੀ ਹਰੇਕ ਆਸ ਪੂਰੀ ਹੋ ਗਈ । ਨਾਨਕ (ਭੀ ਉਸ ਦੇ ਦਰ ਤੇ) ਬੇਨਤੀ ਕਰਦਾ ਹੈ (ਤੇ ਆਖਦਾ ਹੈ–ਹੇ ਪ੍ਰਭੂ ! ਜਿਹੜਾ ਭੀ ਜੀਵ) ਤੇਰੀ ਸਰਨ ਆ ਗਿਆ, (ਉਸ ਦੇ ਦਿਲੋਂ) ਮੌਤ ਦਾ ਸਹਿਮ ਦੂਰ ਹੋ ਗਿਆ । ੨ ।

ਸਲੋਕ ॥ ਸਾਧ ਸੰਗਤਿ ਬਿਨੁ ਭ੍ਰਮਿ ਮੁਈ ਕਰਤੀ ਕਰਮ ਅਨੇਕ ॥ ਕੋਮਲ ਬੰਧਨ ਬਾਧੀਆ ਨਾਨਕ ਕਰਮਹਿ ਲੇਖ ॥ ੧ ॥ ਜੋ ਭਾਣੇ ਸੇ

ਮੇਲਿਆ ਵਿਛੋੜੇ ਭੀ ਆਪਿ ॥ ਨਾਨਕ ਪ੍ਰਭ ਸਰਣਾਗਤੀ ਜਾ ਕਾ ਵਡ ਪਰਤਾਪੁ ॥੨॥ ਛੰਤੁ ॥ ਗ੍ਰੀਖਮ ਰੁਤਿ ਅਤਿ ਗਾਖੜੀ ਜੇਠ ਅਖਾੜੈ ਘਾਮ ਜੀਉ ॥ ਪ੍ਰੇਮ ਬਿਛੋਹੁ ਦੁਹਾਗਣੀ ਦ੍ਰਿਸਟਿ ਨ ਕਰੀ ਰਾਮ ਜੀਉ ॥ ਨਹ ਦ੍ਰਿਸਟਿ ਆਵੈ ਮਰਤ ਹਾਵੈ ਮਹਾ ਗਾਰਬਿ ਮੁਠੀਆ ॥ ਜਲ ਬਾਝੁ ਮਛੁਲੀ ਤੜਫੜਾਵੈ ਸੰਗਿ ਮਾਇਆ ਰੁਠੀਆ ॥ ਕਰਿ ਪਾਪ ਜੋਨੀ ਭੈ ਭੀਤ ਹੋਈ ਦੇਇ ਸਾਸਨ ਜਾਮ ਜੀਉ ॥ ਬਿਨਵੰਤਿ. ਨਾਨਕ ਓਟ ਤੇਰੀ ਰਾਖੁ ਪੂਰਨ ਕਾਮ ਜੀਉ ॥੩॥ [ਪੰਨਾ ੯੨੮]

ਪਦ ਅਰਥ :-ਭ੍ਰਮਿ-ਭਟਕ ਭਟਕ ਕੇ । ਮੁਈ-ਆਤਮਕ ਮੌਤੇ ਮਰ ਗਈ। ਕੋਮਲ ਬੰਧਨ-ਮੋਹ ਦੀਆਂ ਨਾਜ਼ਕ ਫਾਹੀਆਂ । ਕਰਮਹਿ ਲੇਖ-ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ । ੧ ।

ਭਾਣੇ-ਭਾ ਗਏ, ਚੰਗੇ ਲੱਗੇ । ਸੇ-ਉਹ [ਬਹੁ ਵਚਨ] । ਸਰਣਾਗਤੀ-ਸਰਣ ਪਏ ਰਹੋ । ਜਾ ਕਾ-ਜਿਸ (ਪ੍ਰਭੂ) ਦਾ । ੨ ।

ਛੰਤੁ । ਗ੍ਰੀਖਮ-ਗਰਮੀ । ਗਾਖੜੀ-ਔਖੀ । ਅਖਾੜੈ-ਹਾੜ ਵਿਚ । ਘਾਮ-ਗਰਮੀ, ਹੁੰਮ । ਬਿਛੋਹੁ-ਵਿਛੋੜਾ । ਪ੍ਰੇਮ ਬਿਛੋਹੁ-ਪ੍ਰੇਮ ਦੀ ਅਣਹੋਂਦ । ਦੁਹਾਗਣੀ-ਮੰਦ-ਭਾਗਣ ਜੀਵ-ਇਸਤ੍ਰੀ ਨੂੰ । ਨ ਕਰੀ-ਨਹੀਂ ਕਰਦਾ । ਦ੍ਰਿਸਟਿ-ਨਿਗਾਹ ।

ਹਾਵੈ-ਹਾਹੁਕੇ ਵਿਚ । ਗਾਰਬਿ-ਅਹੰਕਾਰ ਵਿਚ । ਮੁਠੀਆ-ਲੁੱਟੀ ਜਾਂਦੀ ਹੈ। ਸੰਗਿ-ਨਾਲ । ਰੁਠੀਆ-ਪ੍ਰਭੂ-ਪਤੀ ਵਲੋਂ ਰੁੱਸੀ ਰਹਿੰਦੀ ਹੈ। ਕਰਿ-ਕਰ ਕੇ । ਜੋਨੀ-ਜੂਨਾਂ ਵਿਚ । ਭੈ ਭੀਤ ਹੋਈ-ਡਰੀ ਹੋਈ, ਘਬਰਾਈ ਹੋਈ । ਦੇਇ-ਦੇਂਦਾ ਹੈ [ਇਕ ਵਚਨ] । ਜਾਮ-ਜਮ । ਪੂਰਨ ਕਾਮ-ਹੇ ਕਾਮਨਾ ਪੂਰੀ ਕਰਨ ਵਾਲੇ ! ੩ ।

ਅਰਥ :-ਹੇ ਨਾਨਕ ! ਗੁਰੂ ਦੀ ਸੰਗਤਿ ਤੋਂ ਵਾਂਜੀ ਰਹਿ ਕੇ ਹੋਰ ਹੋਰ ਅਨੇਕਾਂ ਕਰਮ ਕਰਦੀ ਹੋਈ ਜੀਵ-ਇਸਤ੍ਰੀ (ਮਾਇਆ ਦੇ ਮੋਹ ਵਿਚ) ਭਟਕ ਭਟਕ ਕੇ ਆਤਮਕ ਮੌਤ ਸਹੇੜ ਲੈਂਦੀ ਹੈ । ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਉਹ ਜੀਵ-ਇਸਤ੍ਰੀ ਮਾਇਆ ਦੇ ਮੋਹ ਦੀਆਂ ਕੋਮਲ ਫਾਹੀਆਂ ਵਿਚ ਬੱਝੀ ਰਹਿੰਦੀ ਹੈ । ੧ ।

ਹੇ ਨਾਨਕ ! ਜਿਹੜੇ ਜੀਵ ਪ੍ਰਭੂ ਨੂੰ ਚੰਗੇ ਲੱਗਣ ਲੱਗ ਪੈਂਦੇ ਹਨ, ਉਹਨਾਂ ਨੂੰ ਉਹ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ, (ਆਪਣੇ ਚਰਨਾਂ ਤੋਂ) ਵਿਛੋੜਦਾ ਭੀ ਆਪ ਹੀ ਹੈ । (ਇਸ ਵਾਸਤੇ, ਹੇ ਭਾਈ !) ਉਸ ਪ੍ਰਭੂ ਦੀ ਸਰਨ ਪਏ ਰਹਿਣਾ ਚਾਹੀਦਾ ਹੈ ਜਿਸ ਦਾ ਬਹੁਤ ਵੱਡਾ ਤੇਜ-ਪਰਤਾਪ ਹੈ। ੨ ।

ਛੰਤੁ । (ਹੇ ਸਹੇਲੀਏ ! ਜਿਵੇਂ) ਗਰਮੀ ਦੀ ਰੁੱਤ ਬੜੀ ਕਰੜੀ ਹੁੰਦੀ ਹੈ, ਜੇਠ ਹਾੜ

ਵਿਚ ਬੜੀ ਧੁੱਪ ਪੈਂਦੀ ਹੈ (ਇਸ ਰੁੱਤੇ ਜੀਅ ਜੰਤ ਬਹੁਤ ਔਖੇ ਹੁੰਦੇ ਹਨ, ਤਿਵੇਂ ਜਿਸ) ਮੰਦੇ ਭਾਗਾਂ ਵਾਲੀ ਜੀਵ-ਇਸਤ੍ਰੀ ਵਲ ਪ੍ਰਭੂ-ਪਤੀ ਨਿਗਾਹ ਨਹੀਂ ਕਰਦਾ ਉਸ ਨੂੰ ਪ੍ਰੇਮ ਦੀ ਅਣਹੋਂਦ ਸਾੜਦੀ ਹੈ।

ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਨਹੀਂ ਦਿੱਸਦਾ, ਉਹ ਹਾਹੁਕੇ ਲੈ ਲੈ ਮਰਦੀ ਰਹਿੰਦੀ ਹੈ, (ਮਾਇਆ ਦੇ) ਅਹੰਕਾਰ ਵਿਚ ਉਹ ਆਪਣਾ ਆਤਮਕ ਜੀਵਨ ਲੁਟਾ ਬੈਠਦੀ ਹੈ। ਮਾਇਆ ਦੇ ਮੋਹ ਵਿਚ ਫਸੀ ਹੋਈ ਉਹ ਪ੍ਰਭੂ-ਪਤੀ ਵਲੋਂ ਰੁੱਸੀ ਰਹਿੰਦੀ ਹੈ (ਤੇ ਸਦਾ ਇਉਂ ਤੜਫਦੀ ਰਹਿੰਦੀ ਹੈ, ਜਿਵੇਂ) ਪਾਣੀ ਤੋਂ ਬਿਨਾ ਮੱਛੀ ਤੜਫਦੀ ਹੈ।

(ਹੇ ਸਹੇਲੀਏ! ਜਿਹੜੀ ਜੀਵ-ਇਸਤ੍ਰੀ) ਪਾਪ ਕਰ ਕਰ ਕੇ ਘਾਬਰੀ ਰਹਿੰਦੀ ਹੈ, ਉਸ ਨੂੰ ਜਮਰਾਜ ਸਦਾ ਸਜ਼ਾ ਦੇਂਦਾ ਹੈ। ਨਾਨਕ ਬੇਨਤੀ ਕਰਦਾ ਹੈ—ਹੇ ਸਭ ਦੀਆਂ ਕਾਮਨਾ ਪੂਰੀਆਂ ਕਰਨ ਵਾਲੇ! ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਆਪਣੇ ਚਰਨਾਂ ਵਿਚ ਜੋੜੀ ਰੱਖ)। ੩।

ਸਲੋਕ ॥ ਸਰਧਾ ਲਾਗੀ ਸੰਗਿ ਪ੍ਰੀਤਮੈ ਇਕੁ ਤਿਲੁ ਰਹਣੁ ਨ ਜਾਇ ॥ ਮਨ ਤਨ ਅੰਤਰਿ ਰਵਿ ਰਹੇ ਨਾਨਕ ਸਹਜਿ ਸੁਭਾਇ ॥ ੧ ॥ ਕਰੁ ਗਹਿ ਲੀਨੀ ਸਾਜਨਹਿ ਜਨਮ ਜਨਮ ਕੇ ਮੀਤ ॥ ਚਰਨਹ ਦਾਸੀ ਕਰਿ ਲਈ ਨਾਨਕ ਪ੍ਰਭ ਹਿਤ ਚੀਤ ॥ ੨ ॥ ਛੰਤੁ ॥ ਰੁਤਿ ਬਰਸੁ ਸੁਹੇਲੀਆ ਸਾਵਣ ਭਾਦਵੇ ਆਨੰਦ ਜੀਉ ॥ ਘਣ ਉਨਵਿ ਵੁਠੇ ਜਲ ਥਲ ਪੂਰਿਆ ਮਕਰੰਦ ਜੀਉ ॥ ਪ੍ਰਭੁ ਪੂਰਿ ਰਹਿਆ ਸਰਬ ਠਾਈ ਹਰਿ ਨਾਮ ਨਵ ਨਿਧਿ ਗ੍ਰਿਹ ਭਰੇ ॥ ਸਿਮਰਿ ਸੁਆਮੀ ਅੰਤਰਜਾਮੀ ਕੁਲ ਸਮੂਹਾ ਸਭਿ ਤਰੇ ॥ ਪ੍ਰਿਅ ਰੰਗਿ ਜਾਗੇ ਨਹ ਛਿਦ੍ਰ ਲਾਗੇ ਕ੍ਰਿਪਾਲੁ ਸਦ ਬਖਸਿੰਦੁ ਜੀਉ ॥ ਬਿਨਵੰਤਿ ਨਾਨਕ ਹਰਿ ਕੰਤੁ ਪਾਇਆ ਸਦਾ ਮਨਿ ਭਾਵੰਦੁ ਜੀਉ ॥੪॥

[ਪੰਨਾ ੯੨੮]

ਪਦ ਅਰਥ :—ਸਰਧਾ—ਪਿਆਰ, ਪ੍ਰੇਮ। ਸੰਗਿ—ਨਾਲ। ਇਕੁ ਤਿਲੁ—ਰਤਾ ਜਿਤਨਾ ਸਮਾ ਭੀ। ਅੰਤਰਿ—ਅੰਦਰ। ਰਵਿ ਰਹੇ—ਵੱਸਿਆ ਰਹਿੰਦਾ ਹੈ। ਸਹਜਿ ਸੁਭਾਇ—ਸੁਤੇ ਹੀ, ਬਿਨਾ ਕਿਸੇ ਉਚੇਚ ਦੇ, ਕਿਰਤ ਕਾਰ ਕਰਦੇ ਫਿਰਦਿਆਂ ਭੀ।੧।

ਕਰੁ—ਹੱਥ [ਇਕ ਵਚਨ]। ਗਹਿ—ਫੜ ਕੇ। ਲੀਨੀ—ਆਪਣੀ ਬਣਾ ਲਈ। ਸਾਜਨਹਿ—ਸੱਜਣ-ਪ੍ਰਭੂ ਨੇ। ਚਰਨਹ—ਚਰਨਾਂ ਦੀ। ਹਿਤ—ਪਿਆਰ। ਚੀਤ—ਚਿੱਤ, ਧਿਆਨ। ੨।

ਛੰਤੁ। ਰੁਤਿ—ਮੌਸਮ। ਬਰਸੁ—ਵਰਖਾ (ਦਾ ਮੌਸਮ)। ਸੁਹੇਲੀਆ—ਸੁਖਦਾਈ। ਘਣ—ਬੱਦਲ। ਉਨਵਿ—ਨੀਵੇਂ ਹੋ ਕੇ, ਝੁਕ ਕੇ। ਵੁਠੇ—ਵਰ੍ਹਨ ਲੱਗ ਪਏ। ਮਕਰੰਦ—

ਸੁਗੰਧੀ ਭਰਿਆ ਜਲ। ਪੂਰਿਆ—ਭਰ ਗਿਆ। ਸਰਬ ਠਾਈ—ਸਭਨੀਂ ਥਾਈਂ। ਨਵ ਨਿਧਿ—ਨੌ ਖ਼ਜ਼ਾਨੇ। ਗ੍ਰਿਹ—ਘਰ! ਸਿਮਰਿ—ਸਿਮਰ ਕੇ। ਸਮੂਹਾ—ਢੇਰ। ਸਭਿ—ਸਾਰੇ।

ਪ੍ਰਿਆ ਰੰਗਿ—ਪਿਆਰੇ ਦੇ ਪ੍ਰੇਮ-ਰੰਗ ਵਿਚ।ਜਾਗੇ—ਸੁਚੇਤ ਹੋ ਗਏ। ਛਿਦ੍ਰ—ਐਬ, ਦਾਗ਼। ਸਦ—ਸਦਾ। ਬਖਸਿੰਦੁ—ਦਇਆਵਾਨ। ਕੰਤੁ—ਖਸਮ। ਮਨਿ—ਮਨ ਵਿਚ। ਭਾਵੰਦੁ—ਪਿਆਰਾ ਲੱਗਣ ਵਾਲਾ। ੪।

ਅਰਥ :—ਹੇ ਨਾਨਕ! (ਜਿਸ ਜੀਵ-ਇਸਤ੍ਰੀ ਦੇ ਹਿਰਦੇ ਵਿਚ ਆਪਣੇ) ਪ੍ਰੀਤਮ-ਪ੍ਰਭੂ ਨਾਲ ਪਿਆਰ ਬਣਦਾ ਹੈ, ਉਹ ਉਸ (ਪ੍ਰੀਤਮ ਤੋਂ ਬਿਨਾ) ਰਤਾ ਜਿਤਨੇ ਸਮੇ ਲਈ ਭੀ ਨਹੀਂ ਰਹਿ ਸਕਦੀ। ਬਿਨਾ ਕਿਸੇ ਉਚੇਚੇ ਜਤਨ ਦੇ ਹੀ ਉਸ ਦੇ ਮਨ ਵਿਚ ਉਸ ਦੇ ਹਿਰਦੇ ਵਿਚ ਉਹ ਪ੍ਰੀਤਮ ਹਰ ਵੇਲੇ ਟਿਕਿਆ ਰਹਿੰਦਾ ਹੈ। ੧।

ਹੇ ਨਾਨਕ! ਅਨੇਕਾਂ ਜਨਮਾਂ ਤੋਂ ਚਲੇ ਆ ਰਹੇ ਮਿੱਤਰ ਸੱਜਣ-ਪ੍ਰਭੂ ਨੇ (ਜਿਸ ਜੀਵ-ਇਸਤ੍ਰੀ ਦਾ) ਹੱਥ ਫੜ ਕੇ (ਉਸ ਨੂੰ ਆਪਣਾ) ਬਣਾ ਲਿਆ, ਉਸ ਨੂੰ ਆਪਣਾ ਹਾਰਦਿਕ ਪਿਆਰ ਦੇ ਕੇ ਉਸ ਨੇ ਆਪਣੇ ਚਰਨਾਂ ਦੀ ਦਾਸੀ ਬਣਾ ਲਿਆ। ੨।

ਛੰਤੁ। (ਹੇ ਸਹੇਲੀਏ! ਜਿਵੇਂ) ਵਰਖਾ-ਰੁੱਤ ਬੜੀ ਸੁਖਦਾਈ ਹੁੰਦੀ ਹੈ, ਸਾਵਣ ਭਾਦਰੋਂ ਦੇ ਮਹੀਨਿਆਂ ਵਿਚ (ਵਰਖਾ ਦੇ ਕਾਰਨ) ਬੜੀਆਂ ਮੌਜਾਂ ਬਣੀਆਂ ਰਹਿੰਦੀਆਂ ਹਨ, ਬੱਦਲ ਝੁਕ ਝੁਕ ਕੇ ਵਹੁੰਦੇ ਹਨ, ਤਲਾਬਾਂ-ਛੱਪੜਾਂ ਵਿਚ, ਧਰਤੀ ਦੇ ਟੋਇਆਂ ਵਿਚ ਹਰ ਥਾਂ ਸੁਗੰਧੀ-ਭਰਿਆ ਪਾਣੀ ਹੀ ਪਾਣੀ ਭਰ ਜਾਂਦਾ ਹੈ, (ਤਿਵੇਂ ਜਿਨ੍ਹਾਂ ਦੇ ਹਿਰਦੇ-) ਘਰ ਪਰਮਾਤਮਾ ਦੇ ਨਾਮ ਦੇ ਨੌ ਖ਼ਜ਼ਾਨਿਆਂ ਨਾਲ ਨਕਾ-ਨਕ ਭਰ ਜਾਂਦੇ ਹਨ, ਉਹਨਾਂ ਨੂੰ ਪਰਮਾਤਮਾ ਸਭਨੀਂ ਥਾਈਂ ਦਿੱਸਣ ਲੱਗ ਪੈਂਦਾ ਹੈ। ਸਭਨਾਂ ਦੇ ਦਿਲ ਦੀ ਜਾਣਨ ਵਾਲੇ ਮਾਲਕ-ਪ੍ਰਭੂ ਦਾ ਨਾਮ ਸਿਮਰ ਕੇ ਉਹਨਾਂ ਦੀਆਂ ਸਾਰੀਆਂ ਹੀ ਕੁਲਾਂ ਤਰ ਜਾਂਦੀਆਂ ਹਨ।

ਹੇ ਸਹੇਲੀਏ! ਜਿਹੜੇ ਵਡਭਾਗੀ ਪਿਆਰੇ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਟਿਕ ਕੇ ਮਾਇਆ ਦੇ ਮੋਹ ਦੇ ਹੱਲਿਆਂ ਵੱਲੋਂ) ਸੁਚੇਤ ਹੋ ਜਾਂਦੇ ਹਨ, ਉਹਨਾਂ ਨੂੰ ਵਿਕਾਰਾਂ ਦੇ ਕੋਈ ਦਾਗ਼ ਨਹੀਂ ਲੱਗਦੇ, ਦਇਆ ਦਾ ਘਰ ਪ੍ਰਭੂ ਸਦਾ ਉਹਨਾਂ ਉਤੇ ਤ੍ਰੁੱਠਿਆ ਰਹਿੰਦਾ ਹੈ। ਨਾਨਕ ਬੇਨਤੀ ਕਰਦਾ ਹੈ—ਹੇ ਸਹੇਲੀਏ! ਉਹਨਾਂ ਨੂੰ ਮਨ ਵਿਚ ਸਦਾ ਪਿਆਰਾ ਲੱਗਣ ਵਾਲਾ ਖਸਮ-ਪ੍ਰਭੂ ਮਿਲ ਪੈਂਦਾ ਹੈ। ੪।

ਸਲੋਕ ॥ ਆਸ ਪਿਆਸੀ ਮੈ ਫਿਰਉ ਕਬ ਪੇਖਉ ਗੋਪਾਲ ॥ ਹੈ ਕੋਈ ਸਾਜਨੁ ਸੰਤ ਜਨੁ ਨਾਨਕ ਪ੍ਰਭ ਮੇਲਣਹਾਰ ॥ ੧ ॥ ਬਿਨੁ ਮਿਲਬੇ ਸਾਂਤਿ ਨ ਊਪਜੈ ਤਿਲੁ ਪਲੁ ਰਹਣੁ ਨ ਜਾਇ ॥ ਹਰਿ ਸਾਧਹ ਸਰਣਾਗਤੀ ਨਾਨਕ ਆਸ ਪੁਜਾਇ ॥ ੨ ॥ ਛੰਤੁ ॥ ਰੁਤਿ ਸਰਦ ਅਡੰਬਰੋ ਅਸੂ ਕਤਕੇ

ਹਰਿ ਪਿਆਸ ਜੀਉ ॥ ਖੋਜੰਤੀ ਦਰਸਨੁ ਫਿਰਤ ਕਬ ਮਿਲੀਐ ਗੁਣਤਾਸ ਜੀਉ ॥ ਬਿਨੁ ਕੰਤ ਪਿਆਰੇ ਨਹ ਸੂਖ ਸਾਰੇ ਹਾਰ ਕੰਙਣ ਧ੍ਰਿਗੁ ਬਨਾ ॥ ਸੁੰਦਰਿ ਸੁਜਾਣਿ ਚਤੁਰਿ ਬੇਤੀ ਸਾਸ ਬਿਨੁ ਜੈਸੇ ਤਨਾ॥ਈਤ ਉਤ ਦਹਦਿਸ ਅਲੋਕਨ ਮਨਿ ਮਿਲਨ ਕੀ ਪ੍ਰਭ ਪਿਆਸ ਜੀਉ ॥ ਬਿਨਵੰਤਿ ਨਾਨਕ ਧਾਰਿ ਕਿਰਪਾ ਮੇਲਹੁ ਪ੍ਰਭ ਗੁਣਤਾਸ ਜੀਉ ॥ ੫ ॥ [ਪੰਨਾ ੯੨੯]

ਪਦ ਅਰਥ :–ਫਿਰਉ–ਫਿਰਉਂ, ਮੈਂ ਫਿਰਦੀ ਹਾਂ। ਪੇਖਉ–ਪੇਖਉਂ, ਮੈਂ ਵੇਖਾਂ। ਮੇਲਨਹਾਰ–ਮਿਲਾਪ ਕਰਾਣ ਜੋਗਾ। ੧।

ਬਿਨੁ ਮਿਲਬੇ–ਮਿਲਣ ਤੋਂ ਬਿਨਾ। ਸਾਧਹ ਸਰਣਾਗਤੀ–ਸੰਤ ਜਨਾਂ ਦੀ ਸਰਨ ਪਿਆਂ। ਪੁਜਾਇ–ਪੂਰੀ ਕਰ ਦੇਂਦਾ ਹੈ। ੨।

ਛੰਤੁ ! ਅੰਭਰੋ–ਅੰਭਰੁ, ਆਰੰਭ। ਕਤਕੇ–ਕੱਤਕ ਵਿਚ। ਗੁਨ ਤਾਸ–ਗੁਣਾਂ ਦਾ ਖ਼ਜ਼ਾਨਾ ਪ੍ਰਭੂ।

ਸੂਖ ਸਾਰੇ–ਸੁਖਾਂ ਦੀ ਸਾਰ। ਧ੍ਰਿਗੁ–ਫਿਟਕਾਰ-ਜੋਗ, ਵਿਅਰਥ। **ਸੁੰਦਰਿ–ਸੁੰਦਰੀ,** ਸੋਹਣੀ। ਸੁਜਾਣਿ–ਸਿਆਣੀ। ਚਤੁਰਿ–[ਲਫ਼ਜ਼ 'ਚਤੁਰੁ' ਤੋਂ ਇਸਤ੍ਰੀ ਲਿੰਗ]। **ਬੇਤੀ–** [ਲਫ਼ਜ਼ 'ਬੇਤਾ' ਤੋਂ ਇਸਤ੍ਰੀ ਲਿੰਗ] ਵਿੱਦਿਆਵਤੀ। ਤਨਾ–ਸਰੀਰ।

ਈਤ ਉਤ–ਇਧਰ ਉਧਰ, ਆਸੇ ਪਾਸੇ। ਦਹ ਦਿਸ–ਦਸੀਂ ਪਾਸੀਂ। ਅਲੋਕਨ –ਵੇਖ-ਭਾਲ। ਮਨਿ–ਮਨ ਵਿਚ। ਧਾਰਿ ਕਿਰਪਾ–ਕਿਰਪਾ ਕਰ ਕੇ। ਗੁਣ ਤਾਸ ਪ੍ਰਭੁ– ਹੇ ਗੁਣਾਂ ਦੇ ਖ਼ਜ਼ਾਨੇ ਪ੍ਰਭੂ ! ੫।

ਅਰਥ :–ਹੇ ਨਾਨਕ ! (ਆਖ–ਪ੍ਰਭੂ ਦੇ ਦਰਸ਼ਨ ਦੀ) ਆਸ (ਰੱਖ ਕੇ) ਦਰਸ਼ਨ ਦੀ ਤਾਂਘ ਨਾਲ ਮੈਂ (ਭਾਲ ਕਰਦੀ) ਫਿਰਦੀ ਹਾਂ ਕਿ ਕਦੋਂ ਮੈਂ ਗੋਪਾਲ-ਪ੍ਰਭੂ ਦਾ ਦਰਸ਼ਨ ਕਰ ਸਕਾਂ। (ਮੈਂ ਭਾਲਦੀ ਹਾਂ ਕਿ) ਕੋਈ ਸੱਜਣ ਸੰਤ ਜਨ ਮੈਨੂੰ ਲੱਭ ਪਏ ਜੋ ਮੈਨੂੰ ਪ੍ਰਭੂ ਨਾਲ ਮਿਲਾਣ ਦੀ ਸਮਰੱਥਾ ਰੱਖਦਾ ਹੋਵੇ। ੧।

ਹੇ ਨਾਨਕ ! (ਆਖ–ਪਰਮਾਤਮਾ ਨੂੰ) ਮਿਲਣ ਤੋਂ ਬਿਨਾ (ਹਿਰਦੇ ਵਿਚ) ਠੰਢ ਨਹੀਂ ਪੈਂਦੀ, ਰਤਾ ਜਿਤਨੇ ਸਮੇ ਲਈ ਭੀ (ਸ਼ਾਂਤੀ ਨਾਲ) ਰਿਹਾ ਨਹੀਂ ਜਾ ਸਕਦਾ। ਪ੍ਰਭੂ ਦੇ ਸੰਤ ਜਨਾਂ ਦੀ ਸਰਨੀ ਪਿਆਂ (ਕੋਈ ਨ ਕੋਈ ਗੁਰਮੁਖ ਦਰਸ਼ਨ ਦੀ) ਆਸ ਪੂਰੀ ਕਰ (ਹੀ) ਦੇਂਦਾ ਹੈ। ੨।

ਛੰਤੁ ! (ਹੇ ਸਹੇਲੀਏ ! ਜਦੋਂ) ਅੱਸੂ ਕੱਤਕ ਵਿਚ ਮਿੱਠੀ ਮਿੱਠੀ ਰੁੱਤ ਦਾ ਆਰੰਭ ਹੁੰਦਾ ਹੈ,(ਤਦੋਂ ਹਿਰਦੇ ਵਿਚ) ਪ੍ਰਭੂ (ਦੇ ਮਿਲਾਪ) ਦੀ ਤਾਂਘ ਉਪਜਦੀ ਹੈ। (ਜਿਸ ਜੀਵ-ਇਸਤ੍ਰੀ ਦੇ ਅੰਦਰ ਇਹ ਬਿਰਹੋਂ ਅਵਸਥਾ ਪੈਦਾ ਹੁੰਦੀ ਹੈ, ਉਹ) ਦੀਦਾਰ ਕਰਨ ਵਾਸਤੇ ਭਾਲ ਕਰਦੀ ਫਿਰਦੀ ਹੈ ਕਿ ਗੁਣਾਂ ਦੇ ਖ਼ਜ਼ਾਨੇ-ਪ੍ਰਭੂ ਨਾਲ ਕਦੋਂ ਮੇਲ ਹੋਵੇ।

ਨਾਨਕ ਬੇਨਤੀ ਕਰਦਾ ਹੈ-(ਹੇ ਸਹੇਲੀਏ !) ਪਿਆਰੇ ਖਸਮ (ਦੇ ਮਿਲਾਪ) ਤੋਂ ਬਿਨਾ (ਉਸ ਦੇ ਮਿਲਾਪ ਦੇ) ਸੁਖ ਦੀ ਸਾਰ ਨਹੀਂ ਪੈ ਸਕਦੀ, ਹਾਰ ਕੰਙਣ (ਆਦਿਕ ਸਿੰਗਾਰ ਸਗੋਂ) ਦੁਖਦਾਈ ਲੱਗਦੇ ਹਨ। ਇਸਤ੍ਰੀ ਸੋਹਣੀ ਹੋਵੇ, ਸਿਆਣੀ ਹੋਵੇ, ਚਤੁਰ ਹੋਵੇ, ਵਿੱਦਿਆ-ਵਤੀ ਹੋਵੇ (ਪਤੀ ਦੇ ਮਿਲਾਪ ਤੋਂ ਬਿਨਾ ਇਉਂ ਹੀ ਹੈ, ਜਿਵੇਂ) ਸਾਹ ਆਉਣ ਤੋਂ ਬਿਨਾ ਸਰੀਰ। (ਇਹੀ ਹਾਲ ਹੁੰਦਾ ਹੈ ਜੀਵ-ਇਸਤ੍ਰੀ ਦਾ, ਜੋ ਪ੍ਰਭੂ-ਮਿਲਾਪ ਤੋਂ ਵਾਂਜੀ ਰਹੇ) ਆਸੇ ਪਾਸੇ ਦਸੀਂ ਪਾਸੀਂ ਵੇਖ-ਭਾਲ ਕਰਦੀ ਹੈ, ਉਸ ਦੇ ਮਨ ਵਿਚ ਪ੍ਰਭੂ ਨੂੰ ਮਿਲਣ ਦੀ ਤਾਂਘ ਬਣੀ ਰਹਿੰਦੀ ਹੈ। (ਉਹ ਸੰਤ ਜਨਾਂ ਅੱਗੇ ਬੇਨਤੀ ਕਰਦੀ ਰਹਿੰਦੀ ਹੈ-ਹੇ ਸੰਤ ਜਨੋਂ !) ਕਿਰਪਾ ਕਰ ਕੇ ਮੈਨੂੰ ਗੁਣਾਂ ਦੇ ਖ਼ਜ਼ਾਨੇ ਪਰਮਾਤਮਾ ਨਾਲ ਮਿਲਾ ਦਿਉ। ੫।

ਸਲੋਕ ॥ ਜਲਣਿ ਬੁਝੀ ਸੀਤਲ ਭਏ ਮਨਿ ਤਨਿ ਉਪਜੀ ਸਾਂਤਿ ॥ ਨਾਨਕ ਪ੍ਰਭ ਪੂਰਨ ਮਿਲੇ ਦੁਤੀਆ ਬਿਨਸੀ ਭ੍ਰਾਂਤਿ ॥ ੧ ॥ ਸਾਧ ਪਠਾਏ ਆਪਿ ਹਰਿ ਹਮ ਤੁਮ ਤੇ ਨਾਹੀ ਦੂਰਿ ॥ ਨਾਨਕ ਭ੍ਰਮ ਭੈ ਮਿਟਿ ਗਏ ਰਮਣ ਰਾਮ ਭਰਪੂਰਿ ॥੨॥ ਛੰਤੁ ॥ ਰੁਤਿ ਸਿਸੀਅਰ ਸੀਤਲ ਹਰਿ ਪ੍ਰਗਟੇ ਮੰਘਰ ਪੋਹਿ ਜੀਉ ॥ ਜਲਨਿ ਬੁਝੀ ਦਰਸੁ ਪਾਇਆ ਬਿਨਸੇ ਮਾਇਆ ਧ੍ਰੋਹ ਜੀਉ॥ ਸਭਿ ਕਾਮ ਪੂਰੇ ਮਿਲਿ ਹਜੂਰੇ ਹਰਿ ਚਰਣ ਸੇਵਕਿ ਸੇਵਿਆ ॥ ਹਾਰ ਡੋਰ ਸੀਗਾਰ ਸਭਿ ਰਸ ਗੁਣ ਗਾਉ ਅਲਖ ਅਭੇਵਿਆ ॥ ਭਾਉ ਭਗਤਿ ਗੋਵਿੰਦ ਬਾਂਛਤ ਜਮੁ ਨ ਸਾਕੈ ਜੋਹਿ ਜੀਉ ॥ ਬਿਨਵੰਤਿ ਨਾਨਕ ਪ੍ਰਭਿ ਆਪਿ ਮੇਲੀ ਤਹ ਨ ਪ੍ਰੇਮ ਬਿਛੋਹ ਜੀਉ ॥੬॥ [ਪੰਨਾ ੯੨੯]

ਪਦ ਅਰਥ :–ਜਲਨਿ–ਸੜਨ, ਤ੍ਰਿਸ਼ਨਾ ਦੀ ਅੱਗ। ਮਨਿ–ਮਨ ਵਿਚ। ਤਨਿ–ਤਨ ਵਿਚ। ਸ਼ਾਂਤੀ–ਠੰਢ। ਦੁਤੀਆ ਭ੍ਰਾਂਤਿ–(ਪ੍ਰਭੂ ਨੂੰ ਭੁਲਾ ਕੇ) ਹੋਰ ਪਾਸੇ ਦੀ ਭਟਕਣਾ, ਮਾਇਆ ਦੀ ਖ਼ਾਤਰ ਭਟਕਣਾ। ੧।

ਸਾਧ–ਗੁਰੂ, ਸੰਤ ਜਨ। ਪਠਾਏ–ਘੱਲੇ। ਤੇ–ਤੋਂ। ਹਮ ਤੁਮ ਤੇ–ਅਸਾਂ ਜੀਵਾਂ ਤੋਂ। ਭ੍ਰਮ–ਭਰਮ, ਭਟਕਣ। ਭੈ–[ਲਫ਼ਜ਼ 'ਭਉ' ਤੋਂ ਬਹੁ ਵਚਨ]। ਰਮਣ–ਸਿਮਰਨ। ਭਰਪੂਰਿ–ਸਰਬ-ਵਿਆਪਕ। ੨।

ਛੰਤੁ। ਸਿਸੀਅਰ–ਸਿਆਲ। ਸੀਤਲ–ਠੰਢੀ। ਪੋਹਿ–ਪੋਹ (ਦੇ ਮਹੀਨੇ) ਵਿਚ। ਜਲਨਿ–ਤਪਸ਼, ਤ੍ਰਿਸ਼ਨਾ ਦੀ ਅੱਗ। ਧ੍ਰੋਹ–ਠੱਗੀਆਂ। ਸਭਿ–ਸਾਰੇ। ਮਿਲਿ–ਮਿਲ ਕੇ। ਸੇਵਕਿ–ਸੇਵਕ ਨੇ। ਡੋਰ–ਧਾਗਾ। ਅਭੇਵਿਆ–ਅਭੇਵ ਦੇ। ਅਭੇਵ–ਜਿਸ ਦਾ ਭੇਤ ਨ ਪਾਇਆ ਜਾ ਸਕੇ।

ਭਾਉ—ਪਿਆਰ। ਬਾਂਛਤ—ਮੰਗਦਿਆਂ। ਜੋਹਿ ਨ ਸਾਕੈ—ਤੱਕ ਨਹੀਂ ਸਕਦਾ। ਪ੍ਰਭਿ—ਪ੍ਰਭੂ ਨੇ। ਤਹ—ਉਥੇ,ਉਸ ਦੇ ਹਿਰਦੇ ਵਿਚ। ਪ੍ਰੇਮ ਬਿਛੋਹ—ਪ੍ਰਭੂ-ਪ੍ਰੇਮ ਤੋਂ ਵਿਛੋੜਾ, ਪ੍ਰੇਮ ਦੀ ਅਣਹੋਂਦ। ੬।

ਅਰਥ :—ਹੇ ਨਾਨਕ ! (ਜਿਨ੍ਹਾਂ ਮਨੁੱਖਾਂ ਨੂੰ) ਪੂਰਨ ਪ੍ਰਭੂ ਜੀ ਮਿਲ ਪਏ (ਉਹਨਾਂ ਦੇ ਅੰਦਰੋਂ) ਹੋਰ ਹੋਰ ਪਾਸੇ ਦੀ ਭਟਕਣਾ ਦੂਰ ਹੋ ਗਈ; (ਉਹਨਾਂ ਦੇ ਅੰਦਰੋਂ) ਤ੍ਰਿਸ਼ਨਾ ਦੀ ਅੱਗ ਬੁੱਝ ਗਈ, (ਉਹਨਾਂ ਦੇ ਹਿਰਦੇ) ਠੰਢੇ-ਠਾਰ ਹੋ ਗਏ, (ਉਹਨਾਂ ਦੇ) ਮਨ ਵਿਚ (ਉਹਨਾਂ ਦੇ) ਤਨ ਵਿਚ ਸ਼ਾਂਤੀ ਪੈਦਾ ਹੋ ਗਈ। ੧।

ਹੇ ਨਾਨਕ ! ਪ੍ਰਭੂ ਨੇ ਆਪ (ਹੀ) ਗੁਰੂ ਨੂੰ (ਜਗਤ ਵਿਚ) ਭੇਜਿਆ। (ਗੁਰੂ ਨੇ ਆ ਕੇ ਦੱਸਿਆ ਕਿ) ਪਰਮਾਤਮਾ ਅਸਾਂ ਜੀਵਾਂ ਤੋਂ ਦੂਰ ਨਹੀਂ ਹੈ, (ਗੁਰੂ ਨੇ ਦੱਸਿਆ ਕਿ) ਸਰਬ-ਵਿਆਪਕ ਪਰਮਾਤਮਾ ਦਾ ਸਿਮਰਨ ਕਰਨ ਨਾਲ ਮਨ ਦੀਆਂ ਭਟਕਣਾਂ ਅਤੇ ਸਾਰੇ ਡਰ ਦੂਰ ਹੋ ਜਾਂਦੇ ਹਨ। ੨।

ਛੰਤੁ। ਹੇ ਭਾਈ ! ਮੰਘਰ ਮੋਹ ਦੇ ਮਹੀਨੇ ਵਿਚ ਸਿਆਲ ਦੀ ਰੁੱਤ (ਆ ਕੇ) ਠੰਢ ਵਰਤਾਂਦੀ ਹੈ, (ਇਸੇ ਤਰ੍ਹਾਂ ਜਿਸ ਜੀਵ ਦੇ ਹਿਰਦੇ ਵਿਚ) ਪਹਮਾਤਮਾ ਦਾ ਪਰਕਾਸ਼ ਆ ਹੁੰਦਾ ਹੈ, ਜਿਹੜਾ ਮਨੁੱਖ ਪਰਮਾਤਮਾ ਦਾ ਦਰਸ਼ਨ ਕਰ ਲੈਂਦਾ ਹੈ, ਉਸ ਦੇ ਅੰਦਰੋਂ ਤ੍ਰਿਸ਼ਨਾ ਦੀ ਅੱਗ ਬੁੱਝ ਜਾਂਦੀ ਹੈ,ਉਸ ਦੇ ਅੰਦਰੋਂ ਮਾਇਆ ਦੇ ਵਲ-ਛਲ ਮੁੱਕ ਜਾਂਦੇ ਹਨ।

ਹੇ ਭਾਈ ! ਪ੍ਰਭੂ ਦੀ ਹਜ਼ੂਰੀ ਵਿਚ ਟਿਕ ਕੇ ਪ੍ਰਭੂ ਦੇ ਜਿਸ ਚਰਨ-ਸੇਵਕ ਨੇ ਪ੍ਰਭੂ ਦੀ ਸੇਵਾ-ਭਗਤੀ ਕੀਤੀ,ਉਸ ਦੀਆਂ ਸਾਰੀਆਂ ਮਨੋ-ਕਾਮਨਾਂ ਪੂਰੀਆਂ ਹੋ ਜਾਂਦੀਆਂ ਹਨ। (ਜਿਵੇਂ ਪਤੀ-ਮਿਲਾਪ ਨਾਲ ਇਸਤ੍ਰੀ ਦੇ) ਹਾਰ ਡੋਰ ਆਦਿਕ ਸਾਰੇ ਸ਼ਿੰਗਾਰ (ਸਫਲ ਹੋ ਜਾਂਦੇ ਹਨ, ਇਸੇ ਤਰ੍ਹਾਂ ਪ੍ਰਭੂ-ਪਤੀ ਦੇ ਮਿਲਾਪ ਵਿਚ ਹੀ ਜੀਵ-ਇਸਤ੍ਰੀ ਲਈ) ਸਾਰੇ ਆਨੰਦ ਹਨ (ਤਾਂ ਤੇ, ਹੇ ਭਾਈ !) ਅਲੱਖ ਅਭੇਵ ਪ੍ਰਭੂ ਦੇ ਗੁਣ ਗਾਂਦੇ ਰਿਹਾ ਕਰੋ।

ਹੇ ਭਾਈ ! ਗੋਬਿੰਦ ਦਾ ਪ੍ਰੇਮ ਮੰਗਦਿਆਂ ਗੋਬਿੰਦ ਦੀ ਭਗਤੀ (ਦੀ ਦਾਤਿ) ਮੰਗਦਿਆਂ ਮੌਤ ਦਾ ਸਹਿਮ ਕਦੇ ਪੋਹ ਨਹੀਂ ਸਕਦਾ। ਨਾਨਕ ਬੇਨਤੀ ਕਰਦਾ ਹੈ—ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ ਨੇ ਆਪ ਆਪਣੇ ਚਰਨਾਂ ਵਿਚ ਜੋੜ ਲਿਆ, ਉਸ ਦੇ ਹਿਰਦੇ ਵਿਚ ਪ੍ਰਭੂ-ਪਿਆਰ ਦੀ ਅਣਹੋਂਦ ਨਹੀਂ ਹੁੰਦੀ। ੬।

ਸਲੋਕ ॥ ਹਰਿ ਧਨੁ ਪਾਇਆ ਸੋਹਾਗਣੀ ਡੋਲਤ ਨਾਹੀ ਚੀਤ ॥ ਸੰਤ ਸੰਜੋਗੀ ਨਾਨਕਾ ਗ੍ਰਿਹਿ ਪ੍ਰਗਟੇ ਪ੍ਰਭ ਮੀਤ ॥ ੧ ॥ ਨਾਦ ਬਿਨੋਦ ਅਨੰਦ ਕੋਡ ਪ੍ਰਿਅ ਪ੍ਰੀਤਮ ਸੰਗਿ ਬਨੇ ॥ ਮਨ ਬਾਂਛਤ ਫਲ ਪਾਇਆ ਹਰਿ ਨਾਨਕ ਨਾਮ ਭਨੇ ॥ ੨ ॥ ਛੰਤੁ ॥ ਹਿਮਕਰ ਰੁਤਿ ਮਨਿ ਭਾਵਤੀ ਮਾਘੁ ਫਗਣੁ

ਗੁਣਵੰਤ ਜੀਉ ॥ ਸਖੀ ਸਹੇਲੀ ਗਾਉ ਮੰਗਲੋ ਗ੍ਰਿਹਿ ਆਏ ਹਰਿ ਕੰਤ ਜੀਉ॥ ਗ੍ਰਿਹਿ ਲਾਲ ਆਏ ਮਨਿ ਧਿਆਏ ਸੇਜ ਸੁੰਦਰਿ ਸੋਹੀਆ ॥ ਵਣੁ ਤ੍ਰਿਣੁ ਤ੍ਰਿਭਵਣ ਭਏ ਹਰਿਆ ਦੇਖਿ ਦਰਸਨ ਮੋਹੀਆ ॥ ਮਿਲੇ ਸੁਆਮੀ ਇਛ ਪੁੰਨੀ ਮਨਿ ਜਪਿਆ ਨਿਰਮਲ ਮੰਤ ਜੀਉ ॥ ਬਿਨਵੰਤਿ ਨਾਨਕ ਨਿਤ ਕਰਹੁ ਰਲੀਆ ਹਰਿ ਮਿਲੇ ਸ੍ਰੀਧਰ ਕੰਤ ਜੀਉ ॥੭॥ [ਪੰਨਾ ੯੨੯]

ਪਦ ਅਰਥ :-ਸੋਹਾਗਣੀ-[सौभागिनी] ਭਾਗਾਂ ਵਾਲੀ ਜੀਵ-ਇਸਤ੍ਰੀ ਨੇ। ਸੰਤ ਸੰਜੋਗੀ-ਸੰਤਾਂ ਦੇ ਸੰਜੋਗ ਨਾਲ, ਸੰਤਾਂ ਦੀ ਸੰਗਤਿ ਦੀ ਬਰਕਤ ਨਾਲ। ਗ੍ਰਿਹਿ-ਹਿਰਦੇ-ਘਰ ਵਿਚ। ੧।

ਨਾਦ-ਰਾਗਾਂ ਦੇ ਗਾਣੇ। ਬਿਨੋਦ-ਤਮਾਸ਼ੇ। ਕੋਡ-ਕੌਤਕ। ਸੰਗਿ-ਨਾਲ, ਸੰਗਤਿ ਵਿਚ। ਭਨੇ-ਭਨਿ, ਉਚਾਰ ਕੇ। ਮਨ ਬਾਂਛਤ-ਮਨ-ਮੰਗੇ। ੨।

ਛੰਤੁ। ਹਿਮ-ਬਰਫ਼। ਹਿਮਕਰ-ਬਰਫ਼ਾਨੀ, ਬਰਫ਼ ਪੈਦਾ ਕਰਨ ਵਾਲੀ। ਮਨਿ-ਮਨ ਵਿਚ। ਗੁਣਵੰਤ-ਗੁਣਾਂ ਵਾਲੇ, ਖ਼ੂਬੀਆਂ ਵਾਲੇ। ਸਖੀ ਸਹੇਲੀ-ਹੇ ਸਖੀ ਸਹੇਲੀ! ਮੰਗਲੋ-ਮੰਗਲੁ, ਖ਼ੁਸ਼ੀ ਦਾ ਗੀਤ, ਸਿਫ਼ਤਿ ਸਾਲਾਹ ਦਾ ਗੀਤ। ਸੇਜ-ਹਿਰਦਾ-ਸੇਜ। ਸੁੰਦਰਿ-[ਲਫ਼ਜ਼ 'ਸੁੰਦਰ' ਤੋਂ ਇਸਤ੍ਰੀ ਲਿੰਗ]। ਸੋਹੀਆ-ਸੋਭਨੀਕ, ਸੋਹਣੀ ਬਣੀ ਹੋਈ। ਵਣੁ-ਜੰਗਲ। ਤ੍ਰਿਣੁ-ਘਾਹ-ਪੱਠਾ। ਦੇਖਿ-ਵੇਖ ਕੇ। ਮੋਹੀਆ-ਮਸਤ ਹੋ ਗਈ। ਪੁੰਨੀ-ਪੂਰੀ ਹੋਈ। ਨਿਰਮਲ-ਪਵਿੱਤਰ। ਮੰਤ-ਨਾਮ-ਮੰਤ੍ਰ। ਰਲੀਆ-ਖ਼ੁਸ਼ੀਆਂ। ਸ੍ਰੀ ਧਰ-ਲੱਛਮੀ ਦਾ ਆਸਰਾ, ਲੱਛਮੀ ਦਾ ਪਤੀ, ਪਰਮਾਤਮਾ। ੭।

ਅਰਥ :-ਹੇ ਨਾਨਕ ! ਸੰਤਾਂ ਦੀ ਸੰਗਤਿ ਦੀ ਬਰਕਤਿ ਨਾਲ ਜਿਸ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ ਮਿੱਤਰ ਪ੍ਰਭੂ ਜੀ ਪਰਗਟ ਹੋ ਪਏ, ਜਿਸ ਭਾਗਾਂ ਵਾਲੀ ਜੀਵ-ਇਸਤ੍ਰੀ ਨੇ ਪ੍ਰਭੂ ਦਾ ਨਾਮ-ਧਨ ਹਾਸਲ ਕਰ ਲਿਆ, ਉਸ ਦਾ ਚਿੱਤ (ਕਦੇ ਮਾਇਆ ਵਾਲੇ ਪਾਸੇ) ਡੋਲਦਾ ਨਹੀਂ। ੧।

ਹੇ ਨਾਨਕ ! ਪਰਮਾਤਮਾ ਦਾ ਨਾਮ ਉਚਾਰਿਆਂ ਮਨ-ਮੰਗੀਆਂ ਮੁਰਾਦਾਂ ਮਿਲ ਜਾਂਦੀਆਂ ਹਨ, ਪਿਆਰੇ ਪ੍ਰੀਤਮ-ਪ੍ਰਭੂ ਦੇ ਚਰਨਾਂ ਵਿਚ ਜੁੜਿਆਂ (ਮਾਨੋ, ਅਨੇਕਾਂ) ਰਾਗਾਂ ਤਮਾਸ਼ਿਆਂ ਤੇ ਕੌਤਕਾਂ ਦੇ ਆਨੰਦ (ਮਾਣ ਲਈਦੇ ਹਨ)। ੨।

ਛੰਤੁ। (ਹੇ ਸਹੇਲੀਓ !) ਮਾਘ (ਦਾ ਮਹੀਨਾ) ਫੱਗਣ (ਦਾ ਮਹੀਨਾ, ਇਹ ਦੋਵੇਂ ਭੀ ਬੜੀਆਂ) ਖ਼ੂਬੀਆਂ ਵਾਲੇ ਹਨ, (ਇਹਨਾਂ ਮਹੀਨਿਆਂ ਦੀ) ਬਰਫ਼ਾਨੀ ਰੁੱਤ ਮਨ ਵਿਚ ਪਿਆਰੀ ਲੱਗਦੀ ਹੈ, (ਇਸੇ ਤਰ੍ਹਾਂ ਜਿਸ ਹਿਰਦੇ ਵਿਚ ਠੰਢ ਦਾ ਪੁੰਜ ਪ੍ਰਭੂ ਆ ਵੱਸਦਾ ਹੈ, ਉਥੇ ਭੀ ਵਿਚਾਰਾਂ ਦੀ ਤਪਸ਼ ਮੁੱਕ ਜਾਂਦੀ ਹੈ)। ਹੇ ਸਹੇਲੀਓ ! ਤੁਸੀ (ਸ਼ਾਂਤੀ

ਦੇ ਸੋਮੇ ਪਰਮਾਤਮਾ ਦੀ) ਸਿਫ਼ਤਿ ਸਾਲਾਹ ਦਾ ਗੀਤ ਗਾਇਆ ਕਰੋ। (ਜਿਹੜੀ-ਜੀਵ-ਇਸਤ੍ਰੀ ਇਹ ਉੱਦਮ ਕਰਦੀ ਹੈ, ਉਸ ਦੇ) ਹਿਰਦੇ-ਘਰ ਵਿਚ ਪ੍ਰਭੂ-ਪਤੀ ਆ ਪਰਗਟਦਾ ਹੈ।

ਹੇ ਸਹੇਲੀਓ! (ਜਿਸ ਜੀਵ-ਇਸਤ੍ਰੀ ਦੇ ਹਿਰਦੇ-ਘਰ ਵਿਚ) ਪ੍ਰੀਤਮ ਪ੍ਰਭੂ ਜੀ ਆ ਵੱਸਦੇ ਹਨ, (ਜਿਹੜੀ ਜੀਵ-ਇਸਤ੍ਰੀ ਆਪਣੇ) ਮਨ ਵਿਚ ਪ੍ਰਭੂ-ਪਤੀ ਦਾ ਧਿਆਨ ਧਰਦੀ ਹੈ, (ਉਸ ਦੇ ਹਿਰਦੇ ਦੀ) ਸੇਜ ਸੋਹਣੀ ਸੁੰਦਰ ਹੋ ਜਾਂਦੀ ਹੈ। ਉਹ ਜੀਵ-ਇਸਤ੍ਰੀ (ਉਸ ਸਰਬ-ਵਿਆਪਕ ਦਾ) ਦਰਸ਼ਨ ਕਰ ਕੇ ਮਸਤ ਰਹਿੰਦੀ ਹੈ, ਉਸ ਨੂੰ ਜੰਗਲ, ਘਾਹ-ਬੂਟ, ਤਿੰਨ ਭਵਣ ਹਰੇ-ਭਰੇ ਦਿੱਸਦੇ ਹਨ।

ਹੇ ਸਹੇਲੀਓ! ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ-ਪਤੀ ਮਿਲ ਪੈਂਦਾ ਹੈ, ਜਿਹੜੀ ਜੀਵ-ਇਸਤ੍ਰੀ ਆਪਣੇ ਮਨ ਵਿਚ ਉਸ ਦਾ ਪਵਿੱਤਰ ਨਾਮ-ਮੰਤ੍ਰ ਜਪਦੀ ਹੈ, ਉਸ ਦੀ ਹਰੇਕ ਮਨੋ-ਕਾਮਨਾ ਪੂਰੀ ਹੋ ਜਾਂਦੀ ਹੈ। ਨਾਨਕ ਬੇਨਤੀ ਕਰਦਾ ਹੈ—ਹੇ ਸਹੇਲੀਓ! ਤੁਸੀ ਭੀ ਮਾਇਆ ਦੇ ਆਸਰੇ ਪ੍ਰਭੂ-ਪਤੀ ਨੂੰ ਮਿਲ ਕੇ ਸਦਾ ਆਤਮਕ ਆਨੰਦ ਮਾਣਿਆ ਕਰੋ।੭।

ਸਲੋਕ ॥ ਸੰਤ ਸਹਾਈ ਜੀਅ ਕੇ ਭਵਜਲ ਤਾਰਣਹਾਰ ॥ ਸਭ ਤੇ ਊਚੇ ਜਾਣੀਅਹਿ ਨਾਨਕ ਨਾਮ ਪਿਆਰ ॥ ੨ ॥ ਜਿਨ ਜਾਨਿਆ ਸੇਈ ਤਰੇ ਸੇ ਸੂਰੇ ਸੇ ਬੀਰ॥ ਨਾਨਕ ਤਿਨ ਬਲਿਹਾਰਣੈ ਹਰਿ ਜਪਿ ਉਤਰੇ ਤੀਰ॥ ੨॥ ਛੰਤੁ ॥ ਚਰਣ ਬਿਰਾਜਿਤ ਸਭ ਊਪਰੇ ਮਿਟਿਆ ਸਗਲ ਕਲੇਸੁ ਜੀਉ ॥ ਆਵਣ ਜਾਵਣ ਦੁਖ ਹਰੇ ਹਰਿ ਭਗਤਿ ਕੀਆ ਪਰਵੇਸੁ ਜੀਉ ॥ ਹਰਿ ਰੰਗਿ ਰਾਤੇ ਸਹਜਿ ਮਾਤੇ ਤਿਲੁ ਨ ਮਨ ਤੇ ਬੀਸਰੈ ॥ ਤਜਿ ਆਪੁ ਸਰਣੀ ਪਰੇ ਚਰਨੀ ਸਰਬ ਗੁਣ ਜਗਦੀਸਰੈ ॥ ਗੋਵਿੰਦ ਗੁਣਨਿਧਿ ਸ੍ਰੀ ਰੰਗ ਸੁਆਮੀ ਆਦਿ ਕਉ ਆਦੇਸੁ ਜੀਉ॥ਬਿਨਵੰਤਿ ਨਾਨਕ ਮਇਆ ਧਾਰਹੁ ਜੁਗੁ ਜੁਗੋ ਇਕ ਵੇਸੁ ਜੀਉ ॥੮॥੧॥੬॥੮॥ [ਪੰਨਾ ੯੨੯]

ਪਦ ਅਰਥ :—ਜੀਅ ਕੇ—ਜਿੰਦ ਦੇ। ਸਹਾਈ—ਮਦਦਗਾਰ। ਭਵਜਲ—ਸੰਸਾਰ-ਸਮੁੰਦਰ। ਤਾਰਣਹਾਰ—ਪਾਰ ਲੰਘਾਣ ਦੀ ਸਮਰੱਥਾ ਵਾਲੇ। ਤੇ—ਤੋਂ। ਜਾਣੀਅਹਿ—ਪਛਾਣੇ ਜਾਂਦੇ ਹਨ [ਵਰਤਮਾਨ ਕਾਲ, ਕਰਮ ਵਾਚ, ਅੰਨ ਪੁਰਖ, ਬਹੁ ਵਚਨ]।੨।

ਜਾਨਿਆ—ਸਾਂਝ ਪਾਈ, ਜਾਣ-ਪਛਾਣ ਬਣਾਈ। ਸੇਈ—ਉਹੀ ਬੰਦੇ। ਤਰੇ—ਪਾਰ ਲੰਘ ਗਏ। ਸੂਰੇ—ਸੂਰਮੇ। ਬੀਰ—ਬਹਾਦਰ। ਜਪਿ—ਜਪ ਕੇ।ਤੀਰ—(ਪਾਰਲੇ) ਕੰਢੇ।੨।

ਛੰਤੁ। ਬਿਰਾਜਿਤ—ਵੱਸ ਰਹੇ ਹਨ। ਸਭ ਊਪਰੇ—ਹੋਰ ਸਭ ਖ਼ਿਆਲਾਂ ਦੇ ਉੱਤੇ। ਕਲੇਸੁ—ਦੁੱਖ। ਹਰੇ—ਦੂਰ ਹੋ ਗਏ। ਰੰਗਿ—ਪਿਆਰ-ਰੰਗ ਵਿਚ। ਰਾਤੇ—ਰੰਗੇ ਹੋਏ।

ਸਹਜਿ—ਆਤਮਕ ਅਡੋਲਤਾ ਵਿਚ। ਮਾਤੇ—ਮਸਤ। ਤੇ—ਤੋਂ। ਤਿਲੁ—ਰਤਾ ਭਰ ਸਮਾ ਭੀ। ਤਜਿ—ਛੱਡ ਕੇ। ਆਪੁ—ਆਪਾ-ਭਾਵ, ਅਹੰਕਾਰ। ਸਰਬ ਗੁਣ—ਸਾਰੇ ਗੁਣਾਂ ਦਾ ਮਾਲਕ। ਜਗਦੀਸਰ—ਜਗਤ ਦਾ ਈਸਰ। ਗੁਣ ਨਿਧਿ—ਗੁਣਾਂ ਦਾ ਖ਼ਜ਼ਾਨਾ। ਸ੍ਰੀ ਰੰਗ—ਮਾਇਆ ਦਾ ਪਤੀ। ਆਦੇਸੁ—ਨਮਸਕਾਰ। ਮਇਆ—ਦਇਆ। ਜੁਗੁ ਜੁਗੋ—ਜੁਗੁ ਜੁਗੁ, ਹਰੇਕ ਜੁਗ ਵਿਚ। ਇਕ ਵੇਸੁ—ਇਕੋ ਤਰ੍ਹਾਂ ਦਾ। ੮।

ਅਰਥ :—ਹੇ ਭਾਈ! ਸੰਤ ਜਨ (ਜੀਵਾਂ ਦੀ) ਜਿੰਦ ਦੇ ਮਦਦਗਾਰ (ਬਣਦੇ ਹਨ), (ਜੀਵਾਂ ਨੂੰ) ਸੰਸਾਰ-ਸਮੁੰਦਰ ਤੋਂ ਪਾਰ ਲੰਘਾਣ ਦੀ ਸਮਰੱਥਾ ਰੱਖਦੇ ਹਨ। ਹੇ ਨਾਨਕ! ਪਰਮਾਤਮਾ ਦੇ ਨਾਮ ਨਾਲ ਪਿਆਰ ਕਰਨ ਵਾਲੇ (ਗੁਰਮੁਖ ਜਗਤ ਵਿਚ ਹੋਰ) ਸਭ ਪ੍ਰਾਣੀਆਂ ਤੋਂ ਸ੍ਰੇਸ਼ਟ ਮੰਨੇ ਜਾਂਦੇ ਹਨ। ੧।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ, ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਗਏ, ਉਹੀ (ਅਸਲ) ਸੂਰਮੇ ਹਨ, ਉਹੀ (ਅਸਲ) ਬਹਾਦਰ ਹਨ। ਹੇ ਨਾਨਕ! (ਆਖ—) ਜਿਹੜੇ ਮਨੁੱਖ ਪਰਮਾਤਮਾ ਦਾ ਨਾਮ ਜਪ ਕੇ (ਸੰਸਾਰ-ਸਮੁੰਦਰ ਦੇ) ਪਾਰਲੇ ਕੰਢੇ ਪਹੁੰਚ ਗਏ, ਮੈਂ ਉਹਨਾਂ ਤੋਂ ਸਦਕੇ ਜਾਂਦਾ ਹਾਂ।੨।

ਛੰਤੁ। (ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਸਦਾ ਪ੍ਰਭੂ ਦੇ) ਚਰਨ ਟਿਕੇ ਰਹਿੰਦੇ ਹਨ, ਤੇ ਹੋਰ ਮਾਇਕ ਸੰਕਲਪ ਪ੍ਰਭੂ ਦੀ ਯਾਦ ਤੋਂ ਹੇਠਾਂ ਰਹਿੰਦੇ ਹਨ, (ਉਹਨਾਂ ਦੇ ਅੰਦਰੋਂ ਹਰੇਕ ਕਿਸਮ ਦਾ) ਸਾਰਾ ਦੁੱਖ ਮਿਟ ਜਾਂਦਾ ਹੈ। ਜਿਨ੍ਹਾਂ ਦੇ ਅੰਦਰ ਪਰਮਾਤਮਾ ਦੀ ਭਗਤੀ ਆ ਵੱਸਦੀ ਹੈ, ਉਹਨਾਂ ਦੇ ਜਨਮ ਮਰਨ ਦੇ ਦੁੱਖ-ਕਲੇਸ਼ ਖ਼ਤਮ ਹੋ ਜਾਂਦੇ ਹਨ। ਉਹ ਮਨੁੱਖ ਪ੍ਰਭੂ ਦੇ ਪ੍ਰੇਮ-ਰੰਗ ਵਿਚ (ਸਦਾ) ਰੰਗੇ ਰਹਿੰਦੇ ਹਨ, ਉਹ ਆਤਮਕ ਅਡੋਲਤਾ ਵਿਚ (ਸਦਾ) ਮਸਤ ਰਹਿੰਦੇ ਹਨ, ਪਰਮਾਤਮਾ ਦਾ ਨਾਮ ਉਹਨਾਂ ਦੇ ਮਨ ਤੋਂ ਰਤਾ ਭਰ ਸਮੇ ਲਈ ਭੀ ਨਹੀਂ ਭੁੱਲਦਾ। ਉਹ ਮਨੁੱਖ ਆਪਾ-ਭਾਵ ਤਿਆਗ ਕੇ ਸਭ ਗੁਣਾਂ ਦੇ ਮਾਲਕ ਪਰਮਾਤਮਾ ਦੇ ਚਰਨਾਂ ਦੀ ਸਰਨ ਪਏ ਰਹਿੰਦੇ ਹਨ।

ਨਾਨਕ ਬੇਨਤੀ ਕਰਦਾ ਹੈ—ਹੇ ਭਾਈ! ਗੁਣਾਂ ਦੇ ਖ਼ਜ਼ਾਨੇ, ਮਾਇਆ ਦੇ ਪਤੀ, ਸਾਰੀ ਸ੍ਰਿਸ਼ਟੀ ਦੇ ਮੁੱਢ ਸੁਆਮੀ ਗੋਬਿੰਦ ਨੂੰ ਸਦਾ ਨਮਸਕਾਰ ਕਰਿਆ ਕਰ,(ਤੇ ਅਰਦਾਸ ਕਰਿਆ ਕਰ—ਹੇ ਪ੍ਰਭੂ! ਮੇਰੇ ਉਤੇ) ਮਿਹਰ ਕਰ (ਮੈਂ ਭੀ ਤੇਰਾ ਨਾਮ ਜਪਦਾ ਰਹਾਂ), ਤੂੰ ਹਰੇਕ ਜੁਗ ਵਿਚ ਇਕੋ ਅਟੱਲ ਸਰੂਪ ਵਾਲਾ ਰਹਿੰਦਾ ਹੈਂ।੮।੧।੬।੮।

ਨੋਟ—ਅੰਕ ੮ ਇਸ ਛੰਤ ਦੇ 'ਬੰਦਾਂ' ਦਾ ਨੰਬਰ ਹੈ।

ਅੰਕ ੧ ਦੱਸਦਾ ਹੈ ਕਿ ਇਹ ਅੱਠ 'ਬੰਦਾਂ' ਵਾਲਾ ਇਕੋ ਹੀ ਸਾਬਤ ਛੰਤ ਹੈ।

ਅੰਕ ੬ ਦਾ ਭਾਵ ਇਹ ਹੈ ਕਿ ਮ: ੫ ਦੇ ਸਾਰੇ ਛੰਤ ਗਿਣਤੀ ਵਿਚ ੬ ਹਨ। 'ਰਣ ਝੁੰਝਨੜਾ' ਵਾਲੀਆਂ ਦੋ ਤੁਕਾਂ ਨੂੰ ਭੀ ਇਕ ਸਾਬਤ ਛੰਤ ਗਿਣਿਆ ਗਿਆ ਹੈ।

ਅੰਕ ੮—ਅਨੰਦ—੧
ਸਦੁ—੧
ਛੰਤ—੬
———
ਕੁੱਲ ਜੋੜ—੮

ਨੋਟ—ਅਖ਼ੀਰਲੇ ਅੰਕ ੬ ਅਤੇ ੮ ਸ੍ਰੀ ਕਰਤਾਰਪੁਰ ਵਾਲੀ 'ਆਦਿ ਬੀੜ' ਵਿਚ ਨਹੀਂ ਹਨ। ਛਾਪੇ ਵਾਲੀਆਂ ਬੀੜਾਂ ਵਿਚ ਹੀ ਮਿਲਦੇ ਹਨ।

—o—

ੴ ਸਤਿਗੁਰ ਪ੍ਰਸਾਦਿ ॥

ਬਾਣੀ 'ਓਅੰਕਾਰ' ਦਾ ਭਾਵ ॥

ਪਉੜੀ-ਵਾਰ :

(੧) ਓਅੰਕਾਰ ਉਹ ਸਰਬ-ਵਿਆਪਕ ਪਰਮਾਤਮਾ ਹੈ ਜਿਸ ਤੋਂ ਇਹ ਸਾਰੀ ਸ੍ਰਿਸ਼ਟੀ ਤੇ ਸਮੇ ਦੀ ਵੰਡ ਬਣੀ, ਜਿਸ ਤੋਂ ਬ੍ਰਹਮਾ ਆਦਿਕ ਦੇਵਤੇ ਤੇ ਵੇਦ ਆਦਿਕ ਧਰਮ-ਪੁਸਤਕ ਬਣੇ। ਜੋ ਮਨੁੱਖ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ 'ਓਅੰ' ਨੂੰ ਸਿਰ ਨਿਵਾਂਦੇ ਹਨ ਉਹ ਸੰਸਾਰ ਦੇ ਵਿਕਾਰਾਂ ਤੋਂ ਬਚ ਨਿਕਲਦੇ ਹਨ।

(੨)ਸਤਿਗੁਰੂ ਦੀ ਬਾਣੀ ਮੁੜ ਮੁੜ ਪੜ੍ਹ ਕੇ ਇਹ ਭੇਤ ਖੁਲ੍ਹਦਾ ਹੈ ਕਿ ਪਰਮਾਤਮਾ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਹੈ ਤੇ ਸਿਰਫ਼ ਉਹੀ ਸਦਾ ਥਿਰ ਰਹਿਣ ਵਾਲਾ ਹੈ,ਜਗਤ ਨਾਸਵੰਤ ਹੈ।

(੩) ਸਤਿਗੁਰੂ ਹੀ ਕਰਤਾਰ ਦੀ ਵਡਿਆਈ ਦੀ ਕਦਰ ਜਾਣਦਾ ਹੈ। ਜੋ ਮਨੁੱਖ ਸਤਿਗੁਰੂ ਦੀ ਸਰਨ ਪੈਂਦਾ ਹੈ, ਉਹ ਸਤਸੰਗ ਵਿਚ ਪਰਮਾਤਮਾ ਦਾ ਨਾਮ ਸਿਮਰ ਕੇ ਨਕਾਰੇ ਸੜੇ ਹੋਏ ਲੋਹੇ ਤੋਂ ਸੋਨਾ ਬਣ ਜਾਂਦਾ ਹੈ।

(੪) ਪਰਮਾਤਮਾ ਦੀ ਮੇਹਰ ਸਦਕਾ ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪਰ-ਮਾਤਮਾ ਦਾ ਨਾਮ ਸਿਮਰਦਾ ਹੈ, ਉਸ ਨੂੰ ਪਰਮਾਤਮਾ ਪਿਆਰਾ ਲੱਗਣ ਲੱਗ ਪੈਂਦਾ ਹੈ। ਪਰ ਗੁਰੂ ਤੋਂ ਖੁੰਝਿਆ ਮਨੁੱਖ ਆਤਮਕ ਮੌਤ ਸਹੇੜਦਾ ਹੈ।

(੫) ਹਰੇਕ ਮਨੁੱਖ ਆਖਣ-ਮਾਤ੍ਰ ਇਹ ਆਖ ਦੇਂਦਾ ਹੈ ਕਿ ਪਰਮਾਤਮਾ ਹਰ ਥਾਂ ਮੌਜੂਦ ਹੈ। ਪਰ ਇਸ ਸੱਚਾਈ ਦੀ ਅਸਲ ਸੂਝ ਤਦੋਂ ਹੀ ਪੈਂਦੀ ਹੈ ਜਦੋਂ ਮਨੁੱਖ ਆਪਣੇ ਅੰਦਰੋਂ ਹਉਮੈਂ-ਅਹੰਕਾਰ ਦੂਰ ਕਰਦਾ ਹੈ।

(੬) ਭਾਵੇਂ ਪਰਮਾਤਮਾ ਹਰੇਕ ਮਨੁੱਖ ਦੇ ਹਿਰਦੇ ਵਿਚ ਵੱਸਦਾ ਹੈ, ਜਦ ਤਕ ਅੰਦਰ ਹਉਮੈਂ-ਅਹੰਕਾਰ ਹੈ, ਇਹ ਸੂਝ ਨਹੀਂ ਆ ਸਕਦੀ। ਹਉਮੈ ਦੂਰ ਕਰਕੇ ਉਸ ਨੂੰ ਯਾਦ ਕੀਤਿਆਂ ਹੀ ਉਸ ਨਾਲ ਜਾਣ-ਪਛਾਣ ਤੇ ਉਸ ਦੀ ਵਡਿਆਈ ਦੀ ਕਦਰ ਪੈਂਦੀ ਹੈ।

(੭) ਸਾਰੀ ਸ੍ਰਿਸ਼ਟੀ ਪਰਮਾਤਮਾ ਦਾ ਦਿੱਸਦਾ-ਸਰੂਪ ਹੈ, ਪਰ ਇਹ ਸੋਝੀ ਉਸ ਮਨੁੱਖ ਨੂੰ ਪੈਂਦੀ ਹੈ, ਜੋ ਸਤਿਗੁਰੂ ਦੀ ਰਾਹੀਂ ਹਉਮੈ-ਅਹੰਕਾਰ ਦੂਰ ਕਰ ਕੇ ਪਰਮਾਤਮਾ ਵਿਚ ਸੁਰਤਿ ਜੋੜਦਾ ਹੈ।

(੮) ਗੁਰੂ ਦੇ ਸ਼ਬਦ ਦੀ ਰਾਹੀਂ ਪਰਮਾਤਮਾਂ ਜਿਸ ਮਨੁੱਖ ਦੇ ਹਿਰਦੇ ਵਿਚ ਆਪਣੀ ਸਿਫਤਿ-ਸਾਲਾਹ ਵਸਾਂਦਾ ਹੈ,ਉਸ ਨੂੰ ਇਹ ਸਮਝ ਆ ਜਾਂਦੀ ਹੈ ਕਿ ਪਰਮਾਤਮਾ

ਆਪ ਹੀ ਇਸ ਜਗਤ ਦਾ ਬਨਾਣ ਵਾਲਾ ਹੈ ਤੇ ਆਪ ਹੀ ਇਸ ਨੂੰ ਜੀਵਨ-ਰਾਹ ਸਿਖਾਣ ਵਾਲਾ ਹੈ।

(੯) ਗੁਰ-ਸ਼ਬਦ ਦੀ ਰਾਹੀਂ ਨਾਮ ਵਿਚ ਰੰਗਿਆ ਹੋਇਆ ਬੰਦਾ ਪਵਿਤ੍ਰ ਜੀਵਨ ਵਾਲਾ ਹੋ ਜਾਂਦਾ ਹੈ, ਉਸ ਨੂੰ ਹਰੇਕ ਜੀਵ ਵਿਚ ਬੋਲਦਾ ਸੁਣਦਾ ਕਿਰਤ ਕਰਦਾ ਪਰਮਾ-ਤਮਾ ਹੀ ਦਿੱਸਦਾ ਹੈ।

(੧੦) ਗੁਰ-ਸ਼ਬਦ ਦਾ ਆਸਰਾ ਲੈ ਕੇ ਆਨੰਦ-ਸਰੂਪ ਸਰਬ-ਵਿਆਪਕ ਸਦਾ-ਥਿਰ ਪਰਮਾਤਮਾ ਨਾਲ ਸਿਮਰਨ ਦੀ ਰਾਹੀਂ ਪੱਕੀ ਜਾਣ-ਪਛਾਣ ਪਾਇਆਂ ਮਨੁੱਖ ਦੇ ਅੰਦਰ ਕਾਮਾਦਿਕ ਵਿਕਾਰਾਂ ਦਾ ਟਾਕਰਾ ਕਰਨ ਦੀ ਹਿੰਮਤ ਪੈਦਾ ਹੋ ਜਾਂਦਾ ਹੈ।

(੧੧) ਮਨੁੱਖ ਦੁਨੀਆ ਦੇ ਧਨ-ਮਾਲ ਦੀ ਖ਼ਾਤਰ ਪਰਮਾਤਮਾ ਨੂੰ ਵਿਸਾਰ ਬੈਠਦਾ ਹੈ ਤੇ ਹੋਰ ਹੋਰ ਜੀਊਣ ਲਈ ਤਰਲੇ ਲੈਂਦਾ ਹੈ। ਪਰ ਸਤਿਗੁਰੂ ਸਿਮਰਨ ਦੀ ਰਾਹੀਂ ਰੱਬੀ ਲਗਨ ਸਿਖਾਂਦਾ ਹੈ ਤੇ ਦੁਨੀਆ ਦੀ ਪ੍ਰਭੁਤਾ ਦੇ ਕੁਵੱਲੇ ਰਾਹ ਤੋਂ ਹਟਾਂਦਾ ਹੈ।

(੧੨) ਸਤਿਗੁਰੂ ਦੇ ਦੱਸੇ ਜੀਵਨ-ਰਾਹ ਤੇ ਤੁਰ ਕੇ ਪ੍ਰਭੂ ਦਾ ਨਾਮ ਸਿਮਰਿਆਂ ਮਨ ਬੇ-ਫ਼ਿਕਰ ਤੇ ਖਿੜਿਆ ਰਹਿੰਦਾ ਹੈ, ਤੇ ਲੋਕ-ਵਿਖਾਵੇ ਦਾ ਦਬਾਉ ਹਟ ਜਾਂਦਾ ਹੈ।

(੧੩) ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਲੱਬ ਲੋਭ ਅਹੰਕਾਰ ਆਦਿਕ ਦਾ ਗੋੱਲਾ ਬਣ ਕੇ ਜੀਵਨ-ਖੇਡ ਹਾਰ ਕੇ ਜਾਂਦਾ ਹੈ, ਕਿਉਂਕਿ ਉਹ ਪਰਮਾਤਮਾ ਦੇ ਨਾਮ ਦੀ ਅਸਲ ਪੂੰਜੀ ਗਵਾ ਬੈਠਦਾ ਹੈ।

(੧੪) ਪਰਮਾਤਮਾ ਦੇ ਸਿਮਰਨ ਤੋਂ ਖੁੰਝ ਕੇ ਮਨੁੱਖ ਮਾਇਆ ਪਿੱਛੇ ਝੱਲਾ ਹੋ ਜਾਂਦਾ ਹੈ, ਮਾਇਆ ਦੀ ਤ੍ਰਿਸ਼ਨਾ ਵਿਚ ਫਸ ਕੇ ਆਤਮਕ ਮੌਤ ਦਾ ਰਾਹੁ ਫੜ ਲੈਂਦਾ ਹੈ, ਕਿਉਂਕਿ ਚੰਦਰੇ ਮਨੁੱਖਾਂ ਦੀ ਭੀ ਸਿਰਫ਼ ਇਸ ਵਾਸਤੇ ਖ਼ੁਸ਼ਾਮਦ ਕਰਨ ਲੱਗ ਪੈਂਦਾ ਹੈ ਕਿ ਉਹ ਮਾਇਆ-ਧਾਰੀ ਹੁੰਦੇ ਹਨ।

(੧੫) ਭਾਵੇਂ ਇਹ ਜਗਤ ਨਿਰਵੈਰ ਅਜੋਨੀ ਨਿਰਲੇਪ ਪਰਮਾਤਮਾ ਦਾ ਆਪਣਾ ਬਣਾਇਆ ਹੋਇਆ ਤੇ ਆਪਣਾ ਸਰੂਪ ਹੈ, ਪਰ ਮਨੁੱਖ ਉਸ ਦੀ ਯਾਦ ਭੁਲਾ ਕੇ ਮਾਇਆ ਦੀ ਭਟਕਣਾ ਵਿਚ ਪੈ ਜਾਂਦਾ ਹੈ। ਇਸ ਭਟਕਣਾ ਤੋਂ ਖ਼ਲਾਸੀ ਤਦੋਂ ਹੀ ਹੋ ਸਕਦੀ ਹੈ, ਸੁਖ ਤਦੋਂ ਹੀ ਹੋ ਸਕਦਾ ਹੈ ਜਦੋਂ ਪ੍ਰਭੂ ਦੇ ਸਿਮਰਨ ਵਿਚ ਜੁੜੇ।

(੧੬) ਪਰਮਾਤਮਾ ਦੀ ਯਾਦ ਭੁਲਾਣ ਕਰਕੇ ਮਨੁੱਖ ਦੇ ਅੱਖ ਕੰਨ ਜੀਭ ਆਦਿਕ ਇੰਦਰੇ ਪਰ ਤਨ ਪਰਾਈ ਨਿੰਦਾ ਆਦਿਕ ਵਲ ਪੈ ਕੇ ਆਤਮਕ ਜੀਵਨ ਨੂੰ ਡੋਗਦੇ ਹਨ। ਮਨੁੱਖ ਇਥੇ ਕੋਈ ਆਤਮਕ ਖੱਟੀ ਨਹੀਂ ਖੱਟਦਾ। ਜੋ ਭੀ ਕਿਰਤ-ਕਾਰ ਇਹ ਕਰਦਾ ਹੈ, ਉਹ ਖੋਟੀ ਹੋਣ ਕਰਕੇ ਇਸ ਨੂੰ ਉੱਚੇ ਜੀਵਨ ਵਲੋਂ ਹੋਰ ਪਰੇ ਹੋਰ ਪਰੇ ਲੈ ਜਾਂਦੀ ਹੈ।

(੧੭) ਜੋ ਮਨੁੱਖ ਗੁਰੂ ਦੀ ਦੱਸੀ ਮਤਿ ਉਤੇ ਤੁਰ ਕੇ ਪਰਮਾਤਮਾ ਦੇ ਗੁਣਾਂ ਵਿਚ

ਚਿੱਤ ਜੋੜਦਾ ਹੈ, ਪਰਮਾਤਮਾ ਨਾਲ ਉਸ ਦੀ ਡੂੰਘੀ ਜਾਣ-ਪਛਾਣ ਬਣ ਜਾਂਦੀ ਹੈ, ਤੇ ਪ੍ਰਭੂ ਦੀਆਂ ਬਖ਼ਸ਼ਸ਼ਾਂ ਦੀ ਉਸ ਨੂੰ ਕਦਰ ਪੈ ਜਾਂਦੀ ਹੈ।

(੧੮) ਪਰਮਾਤਮਾ ਦੀ ਰਚੀ ਮਰਯਾਦਾ ਅਨੁਸਾਰ ਹਉਮੈ ਮਨੁੱਖ ਦੇ ਆਤਮਕ ਜੀਵਨ ਦਾ ਨਾਸ ਕਰ ਦੇਂਦੀ ਹੈ ਤੇ ਮਨੁੱਖ ਕਾਮ ਕ੍ਰੋਧ ਆਦਿਕ ਦਾ ਸ਼ਿਕਾਰ ਹੋ ਜਾਂਦਾ ਹੈ। ਪਰ ਕਾਮ ਕ੍ਰੋਧ ਵਿਚ ਆਤਮਕ ਮੌਤੇ ਮਰਿਆ ਮਨੁੱਖ ਭੀ ਪ੍ਰਭੂ ਦੀ ਮੇਹਰ ਨਾਲ ਜਦੋਂ ਗੁਰੂ ਦੇ ਦੱਸੇ ਰਾਹ ਦੀ ਘਾਲ-ਕਮਾਈ ਕਰਦਾ ਹੈ ਤੇ ਸਿੱਖਿਆ ਉਤੇ ਪੂਰਾ ਉਤਰਦਾ ਹੈ, ਤਾਂ ਉਹ ਸੋਹਣੇ ਆਚਾਰ ਵਾਲਾ ਬਣ ਕੇ ਪਰਮਾਤਮਾ ਦੀ ਨਜ਼ਰ ਵਿਚ ਕਬੂਲ ਹੁੰਦਾ ਹੈ।

(੧੯) ਨਿਰੇ ਦੁਨੀਆ ਦੇ ਭੋਗ ਆਤਮਕ ਮੌਤ ਲਿਆਉਂਦੇ ਹਨ। ਸਤਿਗੁਰੂ ਦਾ ਸ਼ਬਦ ਕਾਮ ਕ੍ਰੋਧ ਆਦਿਕ ਵਲੋਂ ਅਡੋਲ ਕਰ ਦੇਂਦਾ ਹੈ, ਸੁਆਰਥ ਖ਼ੁਦਗਰਜ਼ੀ ਹਟਾਣ ਵਲ ਪ੍ਰੇਰਦਾ ਹੈ, ਤੇ ਪਰਮਾਤਮਾ ਦੇ ਨਾਮ ਨਾਲ ਡੂੰਘੀ ਸਾਂਝ ਪੈਦਾ ਕਰਦਾ ਹੈ। ਜਿਸ ਨੇ ਗੁਰ-ਸ਼ਬਦ ਵਿਚ ਮਨ ਜੋੜਿਆ ਹੈ ਉਹ ਸੁੱਚਾ ਸ੍ਰੇਸ਼ਟ ਬਣ ਜਾਂਦਾ ਹੈ।

(੨੦) ਸਤਿਗੁਰੂ ਦੀ ਮਤਿ ਹੀ ਮਨੁੱਖਾ ਜੀਵਨ ਲਈ ਸ੍ਰੇਸ਼ਟ ਰਸਤਾ ਹੈ। ਸਤਿਗੁਰੂ ਦੇ ਰਾਹ ਤੇ ਤੁਰ ਕੇ ਜੇ ਮਨੁੱਖ ਪਰਮਾਤਮਾ ਦੀ ਯਾਦ ਵਿਚ ਆਪਣੀ ਸੁਰਤਿ ਜੋੜੇ ਤਾਂ ਇਸ ਦਾ ਮਨ ਮਾਇਆ ਵਿਚ ਡੋਲਣੋਂ ਬਚ ਜਾਂਦਾ ਹੈ।

(੨੧) ਗੁਰੂ ਦੀ ਮਤਿ ਵਾਲਾ ਰਾਹ ਫੜਨ ਤੋਂ ਬਿਨਾ ਭਟਕਣਾ ਦੇ ਕਾਰਨ ਜੀਵ ਜਨਮ-ਮਰਨ ਦੇ ਗੇੜ ਵਿਚ ਪੈਂਦਾ ਹੈ। ਗੁਰੂ ਦੇ ਰਾਹ ਤੇ ਤੁਰਿਆਂ ਪਰਮਾਤਮਾ ਹੀ ਜਿੰਦ ਦਾ ਆਸਰਾ-ਸਹਾਰਾ ਦਿੱਸਦਾ ਹੈ ਤੇ ਅੰਦਰ ਹਿਰਦੇ ਵਿਚ ਲੱਭ ਪੈਂਦਾ ਹੈ।

(੨੨) ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਦਾ ਹੈ, ਉਹ ਆਪਣੇ ਮਨ ਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜੋੜਦਾ ਹੈ, ਤੇ ਜਗਤ ਵਿਚੋਂ ਮੰਦ ਕਰਮਾਂ ਦੇ ਬੰਧਨ ਨਹੀਂ ਸਹੇੜਦਾ, ਸੁੱਚਾ ਆਚਰਨ ਹੀ ਉਸ ਲਈ ਤੀਰਥ-ਇਸ਼ਨਾਨ ਹੈ। ਗੁਰ-ਸ਼ਬਦ ਦਾ ਆਸਰਾ ਲੈ ਕੇ ਉਹ ਵਿਕਾਰਾਂ ਦੀਆਂ ਲਹਿਰਾਂ ਤੋਂ ਬਚ ਨਿਕਲਦਾ ਹੈ।

(੨੩) ਪ੍ਰਭੂ ਦੀ ਯਾਦ ਤੋਂ ਖੁੰਝ ਕੇ ਚੰਚਲ ਮਨ ਮੁੜ ਮੁੜ ਮਾਇਕ ਭੋਗਾਂ ਵਲ ਦੌੜਦਾ ਹੈ ਤੇ ਦੁੱਖ ਸਹੇੜਦਾ ਹੈ। ਨਾਮ ਦੀ ਬਰਕਤਿ ਨਾਲ ਮਾਇਕ ਭੋਗਾਂ ਵਲੋਂ ਖ਼ਲਾਸੀ ਹੁੰਦੀ ਹੈ ਤੇ ਮਨ ਵਿਚ ਸੁਖ-ਆਨੰਦ ਪੈਦਾ ਹੁੰਦਾ ਹੈ।

(੨੪) ਨਿੱਤ ਮੌਤ ਦੇ ਸੱਦੇ ਆਉਂਦੇ ਵੇਖ ਕੇ ਭੀ ਜਗਤ ਹੋਛੀ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਜੁਆਨੀ ਲੰਘ ਜਾਂਦੀ ਹੈ, ਬੁਢੇਪਾ ਆ ਜਾਂਦਾ ਹੈ, ਮੌਤ ਸਿਰ ਤੇ ਆ ਖਲੋਤੀ ਜਾਪਦੀ ਹੈ, ਫਿਰ ਭੀ ਮਾਇਆ ਦਾ ਮੋਹ ਨਹੀਂ ਮੁੱਕਦਾ।

(੨੫) ਸਤਿਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰ ਕੇ ਜੇ ਪਰਮਾਤਮਾ ਪਾਸੋਂ ਉਸ ਦੀ ਸਿਫ਼ਤਿ-ਸਾਲਾਹ ਦੀ ਦਾਤਿ ਮੰਗਦੇ ਰਹੀਏ, ਤਾਂ ਇਸ ਤਰ੍ਹਾਂ ਮਾਇਆ ਦੇ ਹੱਲੇ ਤੋਂ

ਸੁਚੇਤ ਰਹਿ ਸਕੀਦਾ ਹੈ।

(੨੬) ਮਾਇਆ ਦੀ ਖ਼ਾਤਰ ਜਗਤ ਨਾਲ ਝਗੜੇ ਸਹੇੜਿਆਂ ਸੁੱਚੇ ਆਤਮਕ ਜੀਵਨ ਦੀ ਆਸ ਨਹੀਂ ਹੋ ਸਕਦੀ। ਪਰ ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਧਰਤੀ ਦੀ ਸਾਰੀ ਦੌਲਤ ਦੀ ਪਰਵਾਹ ਨਹੀਂ ਰਹਿੰਦੀ।

(੨੭) ਗੁਰੂ ਦੀ ਦੱਸੀ ਹੋਈ ਕਾਰ ਤੋਂ ਪਰੇ ਨਾਂਹ ਜਾਣਾ, ਗੁਰੂ ਦੇ ਦੱਸੇ ਉਪਦੇਸ਼ ਨੂੰ ਹਿਰਦੇ ਵਿਚ ਵਸਾਣਾ–ਇਹੀ ਤਰੀਕਾ ਹੈ ਸੁੱਚਾ ਪਵਿਤ੍ਰ ਜੀਵਨ ਬਣਾਨ ਦਾ ਇਹੀ ਤਰੀਕਾ ਹੈ ਪਰਮਾਤਮਾ ਵਿਚ ਜੁੜਨ ਦਾ। ਗੁਰੂ ਪਰਮਾਤਮਾ ਦੇ ਗੁਣਾਂ ਦਾ, ਅਥਾਹ ਸਮੁੰਦਰ ਹੈ।

(੨੮) ਅਹੰਕਾਰ, ਡੋਲਦੀ ਸਰਧਾ, ਗਿਲ੍ਹੇ-ਗੁਜ਼ਾਰੀ ਤੇ ਦੁਰਮਤਿ ਦੇ ਕਾਰਨ ਪਰਮਾਤਮਾ ਵਲੋਂ ਵਿਛੋੜੇ ਦੀ ਗੰਢ ਬੱਝਦੀ ਜਾਂਦੀ ਹੈ। ਇਹ ਗੰਢ ਤਦੋਂ ਖੁਲ੍ਹਦੀ ਹੈ ਜੇ ਮਨੁੱਖ ਸਤਿਗੁਰੂ ਦੇ ਸ਼ਬਦ ਦੀ ਸਹੈਤਾ ਨਾਲ ਮਨ ਦੇ ਵਿਕਾਰਾਂ ਨੂੰ ਸੁੱਧ ਕਰ ਲਏ।

(੨੯) ਮਾਇਆ ਦੀ ਖ਼ਾਤਰ ਜੀਵ ਭਿੜ-ਭਿੜ ਮਰਦੇ ਤੇ ਦੁਖੀ ਹੁੰਦੇ ਹਨ। ਮਾਇਆ ਪਿੱਛੇ ਦੌੜਦੇ ਚੰਚਲ ਮਨ ਨੂੰ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹੀ ਰੋਕਿਆ ਜਾ ਸਕਦਾ ਹੈ।

(੩੦) ਮਾਇਆ ਦੀ ਤ੍ਰਿਸ਼ਨਾ ਦੁੱਖਾਂ ਦਾ ਮੂਲ ਹੈ। ਜੋ ਮਨੁੱਖ ਪਰਮਾਤਮਾ ਦੀ ਮੇਹਰ ਨਾਲ ਗੁਰੂ ਦੇ ਸ਼ਬਦ ਨੂੰ ਹਿਰਦੇ ਵਿਚ ਵਸਾਂਦਾ ਹੈ, ਉਸ ਦੀ ਇਹ ਤ੍ਰੇਹ ਮਿਟ ਜਾਂਦੀ ਹੈ।

(੩੧) ਤ੍ਰਿਸ਼ਨਾ ਦੇ ਭਾਰ ਨਾਲ ਲੱਦੇ ਹੋਏ ਜੀਵ ਕਈ ਵਿਕਾਰਾਂ ਵਿਚ ਡਿੱਗਦੇ ਹਨ। ਜੋ ਮਨੁੱਖ ਆਪਣਾ ਮਨ ਗੁਰੂ ਦੇ ਹਵਾਲੇ ਕਰਦਾ ਹੈ ਉਹ ਸਤਸੰਗ ਵਿਚ ਨਾਮ ਸਿਮਰ ਕੇ ਵਿਕਾਰਾਂ ਦੀਆਂ ਲਹਿਰਾਂ ਵਿਚ ਡੁੱਬਣੋਂ ਬਚ ਜਾਂਦਾ ਹੈ।

(੩੨) ਮਾਇਆ ਨੂੰ ਜੀਵਨ-ਸਾਥੀ ਸਮਝਿਆਂ ਤੇ ਬਣਾਇਆਂ ਖ਼ੁਆਰ ਹੋਈਦਾ ਹੈ। ਅਸਲ ਸਾਥੀ ਪਰਮਾਤਮਾ ਹੈ। ਜੋ ਜੀਵ ਪ੍ਰਭੂ ਤੋਂ ਵਿਛੁੜਿਆ ਹੋਇਆ ਹੈ ਉਸ ਦੇ ਅੰਦਰ ਜੀਵਨ-ਰਾਗ ਨਹੀਂ ਹੋ ਸਕਦਾ। ਸੋ, ਪ੍ਰਭੂ ਦੇ ਗੁਣ ਗਾਓ। ਪਰ ਇਸ ਦਾ ਇਹ ਭਾਵ ਨਹੀਂ ਕਿ ਕੋਈ ਜੀਵ ਪ੍ਰਭੂ ਦੇ ਗੁਣਾਂ ਦਾ ਅੰਤ ਪਾ ਸਕਦਾ ਹੈ। ਅਸਾਂ ਉਸ ਦੇ ਗੁਣ ਗਾਣੇ ਹਨ ਆਪਣੀ ਵਿਛੁੜੀ ਰੂਹ ਨੂੰ ਉਸ ਨਾਲ ਮਿਲਾਣ ਵਾਸਤੇ।

(੩੩) ਜੋ ਜੀਵ ਬਹੁਤੀ ਬਹੁਤੀ ਮਾਇਆ ਪਿੱਛੇ ਦੌੜਦਾ ਭੱਜਦਾ ਹੈ ਉਹ ਮਾਇਆ ਦੇ ਜਾਲ ਵਿਚ ਫਸ ਜਾਂਦਾ ਹੈ, ਪ੍ਰਭੂ ਦੀ ਯਾਦ ਵਲ ਉਸ ਦੀ ਸੁਰਤਿ ਉੱਚੀ ਨਹੀਂ ਹੋ ਸਕਦੀ। ਜਿਸ ਮਨੁੱਖ ਉੱਤੇ ਪਰਮਾਤਮਾ ਕਿਰਪਾ ਕਰੇ, ਉਹ ਗੁਰੂ ਦੀ ਸਰਨ ਪੈ ਕੇ ਦੇ ਗੁਣ ਗਾਂਵਦਾ ਹੈ, ਤੇ ਇਸ ਤਰ੍ਹਾਂ ਮਾਇਆ ਦੀ ਤ੍ਰਿਸ਼ਨਾ ਦੇ ਜਾਲ ਵਿ

ਜਾਂਦਾ ਹੈ।

(੩੪) ਪਰਮਾਤਮਾ ਦਾ ਆਸਰਾ ਛੱਡਿਆਂ ਜਿੰਦ ਸਹਿਮੀ ਰਹਿੰਦੀ ਹੈ। ਜੋ ਮਨੁੱਖ ਗੁਰੂ ਦੀ ਬਾਣੀ ਵਿਚ ਜੁੜ ਕੇ ਸੋਚਦਾ ਹੈ ਉਸ ਨੂੰ ਇਹ ਯਕੀਨ ਬਣਦਾ ਹੈ ਕਿ ਪਰਮਾਤਮਾ ਐਸਾ ਦਾਤਾ ਹੈ ਜੋ ਨਾਂਹ ਮੰਗਿਆਂ ਭੀ ਹਰੇਕ ਜੀਵ ਨੂੰ ਰਿਜ਼ਕ ਦੇਂਦਾ ਹੈ। ਪ੍ਰਭੂ ਦੀ ਬੰਦਗੀ ਹੀ ਜੀਵਨ ਦਾ ਅਸਲ ਕਾਜ ਹੈ।

(੩੫) ਹਰੇਕ ਦੇ ਦਿਲ ਦੀ ਜਾਨਣ ਵਾਲਾ ਪ੍ਰਭੂ ਜਿਸ ਮਨੁੱਖ ਉਤੇ ਮੇਹਰ ਕਰਦਾ ਹੈ ਉਸ ਨੂੰ ਗੁਰੂ ਮਿਲਾਂਦਾ ਹੈ। ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਮਨੁੱਖ ਸਿਮਰਨ ਦੀ ਬਰਕਤਿ ਨਾਲ ਪ੍ਰਭੂ-ਚਰਨਾਂ ਵਿਚ ਸੁਰਤਿ ਜੋੜਦਾ ਹੈ ਤੇ ਪ੍ਰਭੂ ਨਾਲ ਡੂੰਘੀ ਜਾਣ-ਪਛਾਣ ਪਾਂਦਾ ਹੈ।

(੩੬) ਜੇ ਪਰਮਾਤਮਾ ਦੇ ਨਾਮ-ਧਨ ਦੀ ਖ਼ਾਤਰ ਦੁਨੀਆਵੀ ਧਨ ਆਪਣਾ ਮਨ ਤੇ ਆਪਣੀ ਜਿੰਦ ਭੀ ਦੇਣੇ ਪੈ ਜਾਣ, ਤਾਂ ਭੀ ਇਹ ਸੌਦਾ ਸਸਤਾ ਹੈ, ਕਿਉਂਕਿ ਪ੍ਰਭੂ ਦਾ ਨਾਮ ਹਿਰਦੇ ਵਿਚ ਵਸਾਇਆਂ ਮਾਇਆ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ। ਪਰਮਾਤਮਾ ਦਾ ਨਾਮ ਮਿਲਦਾ ਆਪਣੇ ਅੰਦਰੋਂ ਹੀ ਹੈ, ਪਰ ਮਿਲਦਾ ਹੈ ਗੁਰੂ ਦੇ ਦੱਸੇ ਰਾਹ ਤੇ ਤੁਰਿਆਂ।

(੩੭) ਪਰਮਾਤਮਾ ਨੇ ਅਹੰਕਾਰ ਦੀ ਵਿੱਥ ਪਾ ਕੇ ਆਪ ਹੀ ਜੀਵਾਂ ਨੂੰ ਆਪਣੇ ਨਾਲੋਂ ਵਿਛੋੜਿਆ ਹੋਇਆ ਹੈ। ਕੋਈ ਕਰਮ-ਧਰਮ ਜੀਵ ਦੀ ਇਸ ਵਿੱਥ ਨੂੰ ਮਿਟਾ ਨਹੀਂ ਸਕਦਾ। ਪ੍ਰਭੂ ਆਪ ਕਿਰਪਾ ਕਰ ਕੇ ਗੁਰੂ ਮਿਲਾਂਦਾ ਹੈ, ਤੇ ਗੁਰੂ ਦੇ ਸਨਮੁਖ ਹੋ ਕੇ ਨਾਮ ਸਿਮਰਿਆਂ ਇਹ ਵਿੱਥ ਮਿਟ ਜਾਂਦੀ ਹੈ।

(੩੮) ਵਿਕਾਰਾਂ ਵਿਚ ਗ੍ਰਸੇ ਜੀਵ ਦੇ ਆਤਮਕ ਜੀਵਨ ਨੂੰ ਵਿਕਾਰ ਤਬਾਹ ਕਰੀ ਜਾਂਦੇ ਹਨ, ਇਸ ਵਾਸਤੇ ਵਿਕਾਰ ਹੀ ਉਸ ਨੂੰ ਮਿੱਠੇ ਲੱਗਦੇ ਹਨ, ਵਿਕਾਰਾਂ ਦੇ ਜੰਜਾਲ ਵਿਚ ਹੀ ਉਹ ਘਿਰਿਆ ਤੇ ਸਦਾ ਦੁਖੀ ਰਹਿੰਦਾ ਹੈ। ਇਸ ਜੰਜਾਲ ਵਿਚੋਂ ਸਿਰਫ਼ ਪਰਮਾਤਮਾ ਦਾ ਨਾਮ ਹੀ ਕੱਢ ਸਕਦਾ ਹੈ।

(੩੯) ਵਿਕਾਰਾਂ ਵਿਚ ਫਸਿਆ ਜੀਵ ਦੁਖੀ ਭੀ ਹੁੰਦਾ ਹੈ, ਪਛੁਤਾਂਦਾ ਭੀ ਹੈ, ਪਰ ਬੇ-ਵਸਾ ਹੋਇਆ ਮੁੜ ਮੁੜ ਵਿਕਾਰਾਂ ਦੀ ਚੋਗ ਚੁਗਦਾ ਰਹਿੰਦਾ ਹੈ। ਆਤਮਕ ਮੌਤ ਲਿਆਉਣ ਵਾਲੇ ਇਸ ਜਾਲ ਵਿਚੋਂ ਇਸ ਨੂੰ ਸਤਿਗੁਰੂ ਹੀ ਪਰਮਾਤਮਾ ਦੇ ਨਾਮ ਦਾ ਪਿਆਰ ਦੇ ਕੇ ਕੱਢਦਾ ਹੈ।

(੪੦) ਇਹ ਜਾਣਦਿਆਂ ਭੀ ਕਿ ਸਰੀਰ ਤੇ ਜਿੰਦ ਦਾ ਮੇਲ ਸਿਰਫ਼ ਚਾਰ ਦਿਨਾਂ ਦਾ ਹੈ, ਜੀਵ ਦੁਨੀਆ ਦੇ ਪਦਾਰਥਾਂ ਵਿਚ ਹੀ ਮਸਤ ਰਹਿੰਦਾ ਹੈ। ਕਿਸੇ ਵਿਰਲੇ ਭਾਗਾਂ ਵਾਲੇ ਨੂੰ ਗੁਰੂ ਦੇ ਦਰ ਤੇ ਪੈ ਕੇ ਪ੍ਰਭੂ ਦੀ ਸਿਫਤਿ-ਸਾਲਾਹ ਦੀ ਸੂਝ ਪੈਂਦੀ ਹੈ। ਉਹ ਸੁਭਾਗ ਜੀਵ ਗੁਰੂ ਦੀ ਬਾਣੀ ਦੀ ਰਾਹੀਂ ਸਰੀਰਕ ਮੋਹ ਤੇ ਵਿਕਾਰਾਂ ਵਲੋਂ ਪਰਤ ਕੇ

ਸਦਾ ਪ੍ਰਭੂ ਵਿਚ ਟਿਕਿਆ ਰਹਿੰਦਾ ਹੈ।

(੪੧) ਸੰਸਾਰ ਇਕ ਸਮੁੰਦਰ ਦੀ ਨਿਆਈਂ ਹੈ ਜਿਸ ਵਿਚ ਆਸਾ ਤ੍ਰਿਸ਼ਨਾ ਦੀਆਂ ਲਹਿਰਾਂ ਉੱਠ ਰਹੀਆਂ ਹਨ। ਮਾਇਆ ਪਿੱਛੇ ਭਟਕਦੇ ਜੀਵਾਂ ਲਈ ਇਸ ਵਿਚੋਂ ਪਾਰ ਲੰਘਣਾ ਬੜੀ ਹੀ ਔਖੀ ਖੇਡ ਹੈ। ਜਿਨ੍ਹਾਂ ਉਤੇ ਮੇਹਰ ਹੋਵੇ, ਉਹ ਸਤਿਗੁਰੂ ਦੀ ਮਤਿ ਲੈ ਕੇ ਸਿਫ਼ਤਿ-ਸਾਲ੍ਹਾਹ ਵਿਚ ਜੁੜਦੇ ਹਨ, ਤੇ ਜਗਤ ਦੀ ਕਿਰਤ-ਕਾਰ ਕਰਦੇ ਹੋਏ ਹੀ ਵਿਕਾਰਾਂ ਵਲੋਂ ਬਚੇ ਰਹਿੰਦੇ ਹਨ।

(੪੨) ਸਾਰੀ ਉਮਰ ਨਿਰੀ ਮਾਇਆ ਪਿੱਛੇ ਭਟਕਦਿਆਂ ਜੀਵਨ ਵਿਅਰਥ ਜਾਂਦਾ ਹੈ। ਮੌਤ ਆਇਆਂ ਮਾਇਆ ਨਾਲੋਂ ਤਾਂ ਸਾਥ ਮੁੱਕ ਜਾਂਦਾ ਹੈ, ਪਰ ਇਸ ਦੀ ਖ਼ਾਤਰ ਕੀਤੇ ਹੋਏ ਔਗਣ ਜੀਵ ਦੇ ਨਾਲ ਤੁਰ ਪੈਂਦੇ ਹਨ, ਤੇ, ਮਾਇਆ ਛੱਡਣ ਵੇਲੇ ਮਨ ਤਰਲੋ-ਮੱਛੀ ਭੀ ਬੜਾ ਹੁੰਦਾ ਹੈ। ਜੇ ਸਿਫ਼ਤਿ-ਸਾਲਾਹ ਦੀ ਰਾਸ-ਪੂੰਜੀ ਪੱਲੇ ਹੋਵੇ, ਤਾਂ ਇਹ ਔਖਿਆਈ ਨਹੀਂ ਹੁੰਦੀ, ਮਨ ਸੁਆਰਥ ਵਲ ਪਰਤਣੋਂ ਬਚਿਆ ਰਹਿੰਦਾ ਹੈ।

(੪੩) ਮਮਤਾ-ਬੱਧੇ ਜੀਵ ਜੰਮਣ-ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ ਤੇ ਦੁਖੀ ਹੁੰਦੇ ਹਨ। ਫਿਰ ਭੀ ਮਾਇਆ ਦੇ ਉਸ ਚੱਕਰ ਵਿਚੋਂ ਨਿਕਲਣ ਨੂੰ ਚਿੱਤ ਨਹੀਂ ਕਰਦਾ। ਜਿਸ ਮਨੁੱਖ ਦੇ ਮਨ ਨੂੰ ਗੁਰ-ਸ਼ਬਦ ਦੀ ਠੋਕਰ ਵੱਜਦੀ ਹੈ, ਉਸ ਦੇ ਅੰਦਰੋਂ ਸੁਆਰਥ ਮਿਟਦਾ ਹੈ। ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਉਹ ਮਾਇਆ ਦੇ ਥਾਂ ਪ੍ਰਭੂ ਨਾਲ ਪਿਆਰ ਪਾਂਦਾ ਹੈ।

(੪੪) ਕੋਈ ਅਮੀਰ ਹੋਵੇ ਚਾਹੇ ਗਰੀਬ, ਇਕ ਤਾਂ ਕਿਸੇ ਨੇ ਭੀ ਇਥੇ ਸਦਾ ਨਹੀਂ ਟਿਕ ਸਕਣਾ, ਦੂਜੇ ਹਰੇਕ ਨੂੰ ਜੀਵਨ-ਸਫ਼ਰ ਦੀਆਂ ਉਹਨਾਂ ਔਖਿਆਈਆਂ ਵਿਚੋਂ ਲੰਘਣਾ ਪੈਂਦਾ ਹੈ ਜਿਥੇ ਅਨੇਕਾਂ ਔਗਣ ਮਨੁੱਖ ਨੂੰ ਆ ਘੇਰਦੇ ਹਨ, ਤੇ ਉਸ ਦੇ ਗੁਣ ਔਗਣਾਂ ਹੇਠ ਨੱਪੇ ਜਾਂਦੇ ਹਨ। ਗੁਣਾਂ ਦੀ ਸੂਝ ਤਦੋਂ ਹੀ ਪੈਂਦੀ ਹੈ ਜਦੋਂ ਗੁਰ ਸ਼ਬਦ ਦੀ ਵਿਚਾਰ ਵਿਚ ਮਨ ਜੁੜਦਾ ਹੈ।

(੪੫) ਜਗਤ ਇਕ ਰਣ-ਭੂਮੀ ਹੈ ਜਿੱਥੇ ਵਿਕਾਰਾਂ ਨਾਲ ਟਾਕਰਾ ਕਰਨਾ ਪੈਂਦਾ ਹੈ। ਮਾਲਕ-ਪ੍ਰਭੂ ਦੀ ਰਜ਼ਾ ਵਿਚ ਤੁਰਿਆਂ ਇਹਨਾਂ ਵਿਕਾਰਾਂ ਤੋਂ ਮਾਰ ਨਹੀਂ ਖਾਈਦੀ। ਪਰ ਇਹ ਖੇਡ ਸੌਖੀ ਨਹੀਂ; ਜੀਵਨ-ਸੰਗ੍ਰਾਮ ਵਿਚ ਮਨੁੱਖ ਕਈ ਵਾਰੀ ਸਹੀ ਪੈਂਤੜੇ ਤੋਂ ਖੁੰਝ ਕੇ ਰਜ਼ਾ ਤੋਂ ਸਿਰ ਫੇਰ ਦੇਂਦਾ ਹੈ। ਜਿਸ ਸੁਭਾਗੇ ਉਤੇ ਦਾਤੇ ਦੀ ਮੇਹਰ ਹੁੰਦੀ ਹੈ, ਉਹ ਹੀ ਰਜ਼ਾ ਵਿਚ ਰਹਿ ਕੇ ਸਿਫ਼ਤਿ-ਸਾਲਾਹ ਵਿਚ ਜੁੜਦਾ ਹੈ।

(੪੬) ਜੰਗਲ-ਬੇਲੇ ਢੂੰਢਿਆਂ ਪਰਮਾਤਮਾ ਨਹੀਂ ਮਿਲਦਾ। ਪ੍ਰਭੂ ਦੀ ਸਿਫ਼ਤਿ-ਸਾਲਾਹ ਦਾ ਖ਼ਜ਼ਾਨਾ ਸਤਿਗੁਰੂ ਦੇ ਹੱਥ ਵਿਚ ਹੈ। ਜੋ ਮਨੁੱਖ ਗੁਰੂ ਦੇ ਦੱਸੇ ਹੋਏ ਰਾਹ ਉਤੇ ਤੁਰਦਾ ਹੈ, ਉਸ ਦਾ ਜੀਵਨ ਪਵਿਤ੍ਰ ਹੋ ਜਾਂਦਾ ਹੈ, ਉਹ ਪਰਮਾਤਮਾ ਦੇ ਪਿਆਰ

ਵਿਚ ਜੁੜ ਕੇ ਜੀਵਨ ਦੀ ਖੱਟੀ ਖੱਟ ਲੈਂਦਾ ਹੈ।

(੪੭) ਮਨੁੱਖ ਦਾ ਮਨ ਸਤਿਗੁਰੂ ਦੇ ਸ਼ਬਦ ਦੀ ਰਾਹੀਂ ਹੀ ਵਿਕਾਰਾਂ ਵਲੋਂ ਰੁਕ ਸਕਦਾ ਹੈ, ਤੇ ਜਦੋਂ ਮਨ ਵੱਸ ਵਿਚ ਆ ਜਾਏ ਤਦੋਂ ਹੀ ਇਸ ਵਿਚ ਪਰਮਾਤਮਾ ਦਾ ਪਰਕਾਸ਼ ਹੁੰਦਾ ਹੈ। ਇਹ ਗੱਲ ਪੱਕੀ ਜਾਣੋ ਕਿ ਸਤਿਗੁਰੂ ਦੇ ਪਾਸ ਹੀ ਪ੍ਰਭੂ ਦੇ ਨਾਮ ਦੀ ਰਾਜ਼ਿ-ਪੂੰਜੀ ਹੈ, ਇਹ ਪੂੰਜੀ ਤਦੋਂ ਹੀ ਮਿਲਦੀ ਹੈ, ਜਦੋਂ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਆਪਾ-ਭਾਵ ਦੂਰ ਹੋ ਜਾਏ ਤੇ ਹਉਮੈ ਦਾ ਰੋਗ ਕੱਟਿਆ ਜਾਏ।

(੪੮) ਜੀਵ ਜਗਤ ਵਿਚ ਪ੍ਰਭੂ ਦਾ ਨਾਮ-ਧਨ ਵਿਹਾਝਣ ਲਈ ਵਣਜਾਰਾ ਬਣ ਕੇ ਆਇਆ ਹੈ, ਪਰ ਕੁਰਾਹੇ ਪੈ ਕੇ ਦੁਨੀਆ ਦੀਆਂ ਮੱਲਾਂ ਹੀ ਮੱਲਦਾ ਰਹਿੰਦਾ ਹੈ ਤੇ ਮੇਰ-ਤੇਰ ਵਿਚ ਫਸ ਕੇ ਦੁਖੀ ਰਹਿੰਦਾ ਹੈ। ਸਿਆਣਾ ਵਪਾਰੀ ਉਹ ਹੈ ਜੋ ਨਾਮ-ਧਨ ਜੋੜਦਾ ਹੈ, ਉਸੇ ਨੂੰ ਹੀ ਪ੍ਰਭੂ ਦਾ ਪਿਆਰ ਤੇ ਆਦਰ ਨਸੀਬ ਹੁੰਦਾ ਹੈ। ਮਾਇਆ ਨੂੰ ਜ਼ਿੰਦਗੀ ਦਾ ਮਨੋਰਥ ਬਨਾਣ ਦੇ ਥਾਂ ਮਾਇਆ ਦੇ ਪੈਦਾ ਕਰਨ ਵਾਲੇ ਪ੍ਰਭੂ ਨੂੰ ਹਿਰਦੇ ਵਿਚ ਵਸਾਓ।

(੪੯) ਜਿਉਂ ਜਿਉਂ ਮਨੁੱਖ ਮਾਇਆ ਦੀਆਂ ਮੱਲਾਂ ਮੱਲਦਾ ਹੈ, ਤਿਉਂ ਤਿਉਂ ਇਹ ਥੋੜ੍ਹ-ਵਿਤਾ ਤੇ ਤੰਗ-ਦਿਲ ਹੁੰਦਾ ਜਾਂਦਾ ਹੈ। ਇਸ ਦੇ ਅੰਦਰ, ਸਾਥੀ ਬੰਦਿਆਂ ਲਈ ਦਇਆ-ਪਿਆਰ ਨਹੀਂ ਰਹਿ ਜਾਂਦਾ। ਵਿਤਕਰੇ ਦਾ ਇਕ ਭਾਂਬੜ ਮੱਚ ਪੈਂਦਾ ਹੈ ਜਿਸ ਵਿਚ ਮੱਲਾਂ ਮੱਲਣ ਵਾਲਾ ਭੀ ਸੜਦਾ ਹੈ ਤੇ ਹੋਰ ਜੀਵ ਭੀ ਦੁਖੀ ਹੁੰਦੇ ਹਨ। ਪਰ ਜੋ ਮਨੁੱਖ ਪ੍ਰਭੂ ਨੂੰ ਯਾਦ ਰੱਖਦਾ ਹੈ ਉਹ ਧੀਰਜ ਤੇ ਜਿਗਰੇ ਵਾਲਾ ਹੁੰਦਾ ਹੈ, ਤੰਗ-ਦਿਲੀ ਉਸ ਦੇ ਨੇੜੇ ਨਹੀਂ ਢੁਕਦੀ।

(੫੦) ਧਨ-ਪਦਾਰਥ ਦੀ ਖ਼ਾਤਰ ਮਨੁੱਖ ਕਈ ਹੀਲੇ ਕਰਦਾ ਰਹਿੰਦਾ ਹੈ, ਪਰਮਾਤਮਾ ਅਗੇ ਤਰਲੇ ਲੈਂਦਾ ਹੈ, ਦੂਜਿਆਂ ਦੀ ਚਾਕਰੀ ਕਰਦਾ ਹੈ, ਠੱਗੀ-ਠੋਰੀ ਭੀ ਕਰ ਲੈਂਦਾ ਹੈ ਪਰ ਮੌਤ ਆਇਆਂ ਇਹ ਧਨ ਇਥੇ ਦਾ ਇਥੇ ਹੀ ਰਹਿ ਜਾਂਦਾ ਹੈ, ਤੇ ਮਨੁੱਖ ਆਪਣੇ ਮਾਲਕ ਪ੍ਰਭੂ ਦੀਆਂ ਨਜ਼ਰਾਂ ਵਿਚ ਭੀ ਹੌਲਾ ਪੈ ਜਾਂਦਾ ਹੈ। ਪਰਮਾਤਮਾ ਦੀ ਬੰਦਗੀ ਹੀ ਮਨੁੱਖ ਨੂੰ ਧਨ ਦੇ ਮੋਹ ਤੋਂ ਬਚਾ ਸਕਦੀ ਹੈ।

(੫੧) ਧਨ-ਸੰਪੈ ਇਕੱਠੀ ਕੀਤਿਆਂ ਨਿਰੀ ਹਉਮੈ ਹੀ ਵਧਦੀ ਹੈ ਜੋ ਮਨੁੱਖ ਨੂੰ ਥੋੜ੍ਹ-ਵਿਤਾ ਤੇ ਤੰਗ-ਦਿਲ ਬਣਾ ਕੇ ਦੁੱਖ ਹੀ ਪੈਦਾ ਕਰਦੀ ਹੈ। ਹਰੇਕ ਮਨੁੱਖ ਆਪਣੀ ਜ਼ਿੰਦਗੀ ਦੇ ਤਜਰਬੇ ਤੋਂ ਇਹ ਗੱਲ ਜਾਣਦਾ ਹੈ। ਜੇ ਸੁਖ ਲੱਭਣਾ ਹੈ ਤਾਂ ਸਤਿਗੁਰੂ ਦੇ ਸ਼ਬਦ ਵਿਚ ਜੁੜ ਕੇ ਪਰਮਾਤਮਾ ਨਾਲ ਸਾਂਝ ਬਣਾਓ, ਪਰਮਾਤਮਾ ਨਾਲ ਪ੍ਰੀਤ ਜੋੜੋ। ਸਿਮਰਨ ਤੋਂ ਬਿਨਾ ਹੋਰ ਕੋਈ ਕਰਮ-ਕਾਂਡ ਨਾਂਹ ਹਉਮੈ ਮਿਟਾ ਸਕਦਾ ਹੈ ਤੇ ਨਾਂਹ ਹੀ ਸੁਖ ਦੇ ਸਕਦਾ ਹੈ।

(੫੨) ਜਦ ਤਕ ਜੀਵ ਪਰਮਾਤਮਾ ਤੋਂ ਵਿਛੁੜਿਆ ਹੋਇਆ ਹੈ, ਤਦ ਤਕ ਆਪਣੀ ਵੱਖਰੀ 'ਹਉ' ਵਿਚ ਫਸਿਆ ਰਹਿੰਦਾ ਹੈ, ਕੋਈ ਸਿਆਣਪ-ਚਤੁਰਾਈ ਇਸ ਨੂੰ ਇਸ 'ਹਉ' ਦੀ ਤੰਗ-ਦਿਲੀ ਤੇ ਦੁੱਖ ਵਿਚੋਂ ਕੱਢ ਨਹੀਂ ਸਕਦੀ। ਪ੍ਰਭੂ ਦੀ ਮੇਹਰ ਹੋਵੇ, ਸਤਿਗੁਰੂ ਦੇ ਸ਼ਬਦ ਦੀ ਰਾਹੀਂ ਆਪਣੀ ਸਿਫ਼ਤਿ ਸਾਲਾਹ ਦੀ ਦਾਤਿ ਬਖ਼ਸ਼ੇ, ਤਾਂ ਪ੍ਰਭੂ ਤੋਂ ਵਿਛੋੜਾ ਦੂਰ ਹੋ ਕੇ 'ਹਉ' ਮੁੱਕ ਜਾਂਦੀ ਹੈ ਤੇ ਜੀਵਨ ਸੁਖੀ ਹੋ ਜਾਂਦਾ ਹੈ।

(੫੩) ਉਸੇ ਪਾਂਧੇ ਨੂੰ ਵਿਦਵਾਨ ਜਾਣੋ ਜੋ ਵਿੱਦਿਆ ਦੀ ਸਹੈਤਾ ਨਾਲ ਠੰਢੇ ਸੁਭਾਵ ਵਾਲਾ ਬਣਦਾ ਹੈ, ਤੇ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜ ਕੇ ਜੀਵਨ ਦਾ ਲਾਹਾ ਖੱਟਦਾ ਹੈ। ਪਰ ਜੋ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰਨ ਦੇ ਥਾਂ ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਸ ਨੂੰ ਅਨ-ਪੜ੍ਹ ਹੀ ਸਮਝੋ, ਉਹ ਨਿਰਾ ਆਜੀਵਕਾ ਦੀ ਖ਼ਾਤਰ ਹੀ ਵਿੱਦਿਆ ਵੇਚ ਰਿਹਾ ਹੈ, ਉਸ ਵਿਚੋਂ ਆਤਮਕ ਗੁਣ ਕੋਈ ਨਹੀਂ ਗ੍ਰਹਿਣ ਕਰਦਾ।

(੫੪) ਉਹੀ ਪਾਂਧਾ ਵਿਦਵਾਨ ਹੈ ਪੰਡਿਤ ਹੈ ਸਿਆਣਾ ਹੈ ਜੋ ਸਤਿਗੁਰੂ ਦੇ ਦੱਸੇ ਹੋਏ ਰਾਹ ਤੇ ਤੁਰ ਕੇ ਆਪ ਭੀ ਪਰਮਾਤਮਾ ਦਾ ਨਾਮ ਸਿਮਰਦਾ ਹੈ, ਤੇ ਆਪਣੇ ਚਾਟ-ੜਿਆਂ ਨੂੰ ਭੀ ਪ੍ਰਭੂ ਦਾ ਨਾਮ ਜਪਣ ਦੀ ਪ੍ਰੇਰਨਾ ਕਰਦਾ ਹੈ। ਉਹੀ ਪਾਂਧਾ ਇਸ ਜੀਵਨ ਤੋਂ ਕੋਈ ਖੱਟੀ ਖੱਟਦਾ ਹੈ।

ਲੜੀ-ਵਾਰ ਭਾਵ :—

(੧) (ਪਉੜੀ ਨੰ: ੧ ਤੋਂ ੧੨ ਤਕ)

ਇਸ ਬੇਅੰਤ ਸ੍ਰਿਸ਼ਟੀ ਦਾ ਬਨਾਣ ਵਾਲਾ ਪਰਮਾਤਮਾ ਹਰ ਥਾਂ ਵਿਆਪਕ ਹੈ ਤੇ ਸਦਾ ਕਾਇਮ ਰਹਿਣ ਵਾਲਾ ਹੈ। ਉਸ ਨੂੰ ਕਿਸੇ ਮੂਰਤੀ ਦੀ ਰਾਹੀਂ ਕਿਸੇ ਮੰਦਰ ਵਿਚ ਅਸਥਾਪਨ ਨਹੀਂ ਕੀਤਾ ਜਾ ਸਕਦਾ।

ਜਦ ਤਕ ਮਨੁੱਖ ਆਪਣੀ ਨਿੱਕੀ ਜਿਹੀ 'ਹਉ' ਨਾਲ ਘਿਰਿਆ ਹੋਇਆ ਹੈ, ਤਦ ਤਕ ਨਿਰਾ ਜ਼ਬਾਨੀ ਜ਼ਬਾਨੀ ਪਰਮਾਤਮਾ ਨੂੰ ਸਰਬ-ਵਿਆਪਕ ਆਖ ਦੇਣ ਨਾਲ ਮਨੁੱਖ ਨੂੰ ਉਸ ਦੀ ਸਰਬ-ਵਿਆਪਕਤਾ ਦੀ ਸੂਝ ਨਹੀਂ ਪੈਂਦੀ। ਪਰਮਾਤਮਾ ਦੀ ਵਡਿਆਈ ਦੀ ਅਸਲ ਕਦਰ ਸਤਿਗੁਰੂ ਜਾਣਦਾ ਹੈ। ਮਨੁੱਖ ਨੇ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ, ਗੁਰੂ ਦੇ ਸ਼ਬਦ ਵਿਚ ਜੁੜ ਕੇ, ਆਪਣੇ ਥੋੜ੍ਹ-ਵਿਤੇ ਸੁਆਰਥੀ ਜੀਵਨ ਦੀ ਹੱਦ-ਬੰਦੀ ਵਿਚੋਂ ਨਿਕਲਦਾ ਹੈ। ਬੱਸ ! ਫਿਰ ਇਸ ਨੂੰ ਹਰੇਕ ਜੀਵ ਵਿਚ ਬੋਲਦਾ ਸੁਣਦਾ ਕਿਰਤ ਕਰਦਾ ਪਰਮਾਤਮਾ ਹੀ ਦਿੱਸੇਗਾ।

ਪਰ ਜਦ ਤਕ ਗੁਰੂ ਤੋਂ ਖੁੰਝਿਆ ਹੋਇਆ ਹੈ, ਤਦ ਤਕ ਥੋੜ੍ਹ-ਵਿਤਾ ਹੈ, ਸੁਆਰਥੀ ਹੈ, ਇਸ ਨੂੰ ਹਰ ਵੇਲੇ ਆਪਣੀ ਹੀ ਗਉਂ ਦਿੱਸਦੀ ਤੇ ਸੁੱਝਦੀ ਹੈ, ਤਦ ਤਕ ਇਹ ਆਤਮਕ ਮੌਤੇ ਮੋਇਆ ਹੋਇਆ ਹੈ।

ਸਤਿਗੁਰੂ ਪਰਮਾਤਮਾ ਦੇ ਸਿਮਰਨ ਦੀ ਰਾਹੀਂ ਮਨੁੱਖ ਦੀ ਪਰਮਾਤਮਾ ਨਾਲ ਪੱਕੀ ਜਾਣ-ਪਛਾਣ ਪਾ ਦੇਂਦਾ ਹੈ, ਫਿਰ ਇਹ ਆਤਮ-ਬਲੀ ਬਣ ਕੇ ਵਿਕਾਰਾਂ ਦਾ ਟਾਕਰਾ ਕਰਨ-ਜੋਗਾ ਹੋ ਜਾਂਦਾ ਹੈ, ਹੋਰ ਹੋਰ ਜੀਊਣ ਲਈ ਤਰਲੇ ਲੈਣੇ ਛੱਡ ਦੇਂਦਾ ਹੈ, ਤੇ ਲੋਕ ਵਿਖਾਵੇ ਦਾ ਦਬੇਲ ਨਹੀਂ ਰਹਿੰਦਾ।

(੨) (ਪਉੜੀ ਨੰ: ੧੩ ਤੋਂ ੧੬)

ਗੁਰੂ ਦਾ ਰਸਤਾ ਛੱਡ ਕੇ ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ ਲੱਬ ਲੋਭ ਅਹੰਕਾਰ ਆਦਿਕ ਦਾ ਗੋੱਲਾ ਬਣ ਜਾਂਦਾ ਹੈ, ਮਾਇਆ ਪਿੱਛੇ ਝੱਲਾ ਹੋ ਜਾਂਦਾ ਹੈ ਭੈੜੇ ਚੰਦਰੇ ਬੰਦਿਆਂ ਦੀ ਭੀ ਖ਼ੁਸ਼ਾਮਦ ਕਰਦਾ ਫਿਰਦਾ ਹੈ। ਉਸ ਦੇ ਅੱਖ ਕੰਨ ਜੀਭ ਆਦਿਕ ਸਾਰੇ ਗਿਆਨ-ਇੰਦ੍ਰੇ ਉਸ ਨੂੰ ਪਰਾਏ ਰੂਪ ਪਰਾਈ ਨਿੰਦਿਆ ਆਦਿਕ ਵਲ ਪਾ ਕੇ ਆਤਮਕ ਜੀਵਨ ਤੋਂ ਡੇਗ ਦੇਂਦੇ ਹਨ। ਫਿਰ ਇਸ ਦੇ ਜੀਵਨ ਨੂੰ ਜੀਵਨ ਨਹੀਂ ਆਖ ਸਕੀਦਾ, ਇਹ ਅਸਲ ਵਿਚ ਆਤਮਕ ਮੌਤ ਹੈ।

(੩) (ਪਉੜੀ ਨੰ: ੧੭ ਤੋਂ ੨੨)

ਕਾਮ ਕ੍ਰੋਧ ਆਦਿਕ ਵਿਚ ਆਤਮਕ ਮੌਤੇ ਮਰਿਆ ਮਨੁੱਖ ਭੀ ਜਦੋਂ ਪ੍ਰਭੂ ਦੀ ਮੇਹਰ ਨਾਲ ਗੁਰੂ ਦੇ ਦੱਸੇ ਰਾਹ ਦੀ ਘਾਲ-ਕਮਾਈ ਕਰਦਾ ਹੈ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਜੁੜਦਾ ਹੈ, ਤਾਂ ਪ੍ਰਭੂ ਨਾਲ ਡੂੰਘੀ ਜਾਣ-ਪਛਾਣ ਹੋ ਜਾਣ ਕਰ ਕੇ ਪ੍ਰਭੂ ਦੀਆਂ ਬਖ਼ਸ਼ਸ਼ਾਂ ਦੀ ਉਸ ਨੂੰ ਕਦਰ ਪੈਂਦੀ ਹੈ, ਸੁਆਰਥ ਖ਼ੁਦਗਰਜ਼ੀ ਵਲੋਂ ਉਹ ਸੰਕੋਚ ਕਰਦਾ ਹੈ ਤੇ ਮਾਇਆ ਦੇ ਥਾਂ ਪਰਮਾਤਮਾ ਹੀ ਉਸ ਨੂੰ ਆਪਣੀ ਜਿੰਦ ਦਾ ਆਸਰਾ-ਸਹਾਰਾ ਦਿੱਸਣ ਲੱਗ ਪੈਂਦਾ ਹੈ।

(੪) (ਪਉੜੀ ਨੰ: ੨੩ ਤੋਂ ੨੬)

ਪ੍ਰਭੂ ਦੀ ਯਾਦ ਤੋਂ ਖੁੰਝ ਕੇ ਮਨੁੱਖ ਦਾ ਚੰਚਲ ਮਨ ਮੁੜ ਮੁੜ ਮਾਇਕ ਛੋਗਾਂ ਵਲ ਦੌੜਦਾ ਹੈ, ਨਿੱਤ ਮੌਤ ਦੇ ਸੱਦੇ ਆਉਂਦੇ ਵੇਖ ਕੇ ਭੀ ਮਨੁੱਖ ਮਾਇਆ ਦੇ ਮੋਹ ਵਿਚ ਫਸਿਆ ਰਹਿੰਦਾ ਹੈ, ਤੇ ਮਾਇਆ ਦੀ ਖ਼ਾਤਰ ਜਗਤ ਨਾਲ ਝਗੜੇ ਸਹੇੜਦਾ ਰਹਿੰਦਾ ਹੈ, ਜੁਆਨੀ ਲੰਘ ਜਾਂਦੀ ਹੈ, ਬੁਢੇਪਾ ਆ ਜਾਂਦਾ ਹੈ, ਮੌਤ ਸਿਰ ਤੇ ਆ ਖਲੋਤੀ ਜਾਪਦੀ ਹੈ ਫਿਰ ਭੀ ਮਾਇਆ ਦਾ ਮੋਹ ਨਹੀਂ ਮੁੱਕਦਾ। ਪਰ ਜਦੋਂ ਮਨੁੱਖ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਨਾਮ ਸਿਮਰਦਾ ਹੈ ਤਾਂ ਧਰਤੀ ਦੀ ਸਾਰੀ ਦੌਲਤ ਦੀ ਭੀ ਪਰਵਾਹ ਨਹੀਂ ਰਹਿ ਜਾਂਦੀ।

(੫) (ਪਉੜੀ ਨੰ: ੨੭ ਤੋਂ ੩੧)

ਮਾਇਆ ਦੀ ਖ਼ਾਤਰ ਜੀਵ ਭਿੜ-ਭਿੜ ਮਰਦੇ ਤੇ ਦੁਖੀ ਹੁੰਦੇ ਹਨ, ਤ੍ਰਿਸ਼ਨਾ ਦੇ ਭਾਰ ਨਾਲ ਲੱਦੇ ਹੋਏ ਕਈ ਵਿਕਾਰਾਂ ਵਿਚ ਡਿੱਗਦੇ ਹਨ; ਅਹੰਕਾਰ, ਰਜ਼ਾ ਤੋਂ ਇਨਕਾਰ,

ਗਿਲ੍ਹੇ-ਗੁਜ਼ਾਰੀ ਆਦਿਕ ਦੇ ਕਾਰਨ ਪ੍ਰਭੂ ਨਾਲੋਂ ਵਿਛੋੜੇ ਦੀ ਗੰਢ ਬੱਝਦੀ ਜਾਂਦੀ ਹੈ ਤੇ ਜੀਵਨ ਗੰਦਾ ਹੁੰਦਾ ਹੈ। ਇਸ ਦਾ ਇਕੋ-ਇਕ ਇਲਾਜ ਹੈ—ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਸਤਸੰਗ ਵਿਚ ਨਾਮ ਸਿਮਰਨਾ।

(੬) (ਪਉੜੀ ਨੰ: ੩੨ ਤੋਂ ੩੪)

ਮਾਇਆ ਨੂੰ ਜੀਵਨ-ਸਾਥੀ ਸਮਝਿਆਂ ਤੇ ਬਣਾਇਆਂ ਖ਼ੁਆਰ ਹੋਈਦਾ ਹੈ, ਬਹੁਤੀ ਬਹੁਤੀ ਮਾਇਆ ਜੋੜਨ ਦਾ ਲਾਲਚ ਕਰ ਕੇ ਇਸ ਦੇ ਜਾਲ ਵਿਚ ਫਸ ਜਾਈਦਾ ਹੈ। ਗੁਰੂ ਦੀ ਬਾਣੀ ਦਾ ਅਭਿਆਸ ਪਕਾਓ, ਇਸ ਤਰ੍ਹਾਂ ਇਹ ਯਕੀਨ ਬਣ ਜਾਇਗਾ ਕਿ ਪ੍ਰਭੂ ਐਸਾ ਦਾਤਾ ਹੈ ਜੋ ਨਾ ਮੰਗਿਆਂ ਭੀ ਹਰੇਕ ਜੀਵ ਨੂੰ ਰਿਜ਼ਕ ਦੇਂਦਾ ਹੈ।

(੭) (ਪਉੜੀ ਨੰ: ੩੫ ਤੋਂ ੩੭)

ਕੋਈ ਭੀ ਕਰਮ-ਧਰਮ ਮਨੁੱਖ ਨੂੰ ਤ੍ਰਿਸ਼ਨਾ ਦੇ ਇਸ ਜਾਲ ਵਿਚੋਂ ਕੱਢ ਨਹੀਂ ਸਕਦਾ; ਪ੍ਰਭੂ ਦੀ ਯਾਦ ਦਾ ਧਨ ਹੀ ਤ੍ਰਿਸ਼ਨਾ ਨੂੰ ਮਿਟਾਂਦਾ ਹੈ। ਇਸ ਨਾਮ-ਧਨ ਦੀ ਖ਼ਾਤਰ ਹਰੇਕ ਕੁਰਬਾਨੀ ਕਰ ਦੇਣੀ ਚਾਹੀਦੀ ਹੈ। ਇਹ ਧਨ ਮਿਲਦਾ ਹੈ ਉਸ ਪ੍ਰਭੂ ਦੀ ਮੇਹਰ ਨਾਲ ਤੇ ਮਿਲਦਾ ਹੈ ਗੁਰੂ ਪਾਸੋਂ।

(੮) (ਪਉੜੀ ਨੰ: ੩੮ ਤੋਂ ੪੭)

ਸੰਸਾਰ-ਸਮੁੰਦਰ ਦੀਆਂ ਆਸਾ-ਤ੍ਰਿਸ਼ਨਾ ਦੀਆਂ ਲਹਿਰਾਂ ਵਿਚ ਫਸ ਕੇ ਜੀਵ ਬੇ-ਵਸਾ ਹੋ ਕੇ ਵਿਕਾਰਾਂ ਨਾਲ ਪਿਆਰ ਪਾ ਲੈਂਦਾ ਹੈ, ਦੁੱਖ ਸਹੇੜ ਕੇ ਭੀ ਵਿਕਾਰਾਂ ਦੀ ਚੋਗ ਚੁਗੀ ਜਾਂਦਾ ਹੈ। ਚਾਰ ਦਿਨ ਦੇ ਜੀਵਨ ਪਿਛੋਂ ਮਾਇਆ ਛੱਡਨ ਵੇਲੇ ਬੜਾ ਤਰਲੋ-ਮੱਛੀ ਹੁੰਦਾ ਹੈ, ਇਸ ਦੀ ਖ਼ਾਤਰ ਕੀਤੇ ਔਗਣਾਂ ਦਾ ਭਾਰ ਚੁੱਕਨਾ ਪੈ ਜਾਂਦਾ ਹੈ। ਕੋਈ ਅਮੀਰ ਹੋਏ ਚਾਹੇ ਗਰੀਬ, ਇਸ ਜਗਤ-ਰਣਭੂਮੀ ਵਿਚ ਹਰੇਕ ਜੀਵ ਨੂੰ ਵਿਕਾਰਾਂ ਨਾਲ ਵਾਹ ਪੈਂਦਾ ਹੈ, ਸਹੀ ਪੈਂਤੜੇ ਤੋਂ ਖੁੰਝ ਕੇ ਜੀਵ ਆਤਮਕ ਮੌਤ ਖ਼ਰੀਦ ਲੈਂਦਾ ਹੈ। ਦਾਤੇ ਪ੍ਰਭੂ ਦੀ ਮੇਹਰ ਹੋਵੇ, ਗੁਰ-ਸ਼ਬਦ ਵਿਚ ਮਨ ਜੁੜੇ, ਤਾਂ ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਗੁਣਾਂ ਦੀ ਸੂਝ ਪੈਂਦੀ ਹੈ ਤੇ ਮਾਇਆ ਦੇ ਜੰਜਾਲ ਵਿਚੋਂ ਖ਼ਲਾਸੀ ਹੋ ਜਾਂਦੀ ਹੈ। ਕਿਰਤ-ਕਾਰ ਛੱਡਣ ਦੀ ਲੋੜ ਨਹੀਂ ਪੈਂਦੀ, ਜੰਗਲ-ਬੇਲੇ ਢੂੰਢਿਆਂ ਪ੍ਰਭੂ ਨਹੀਂ ਮਿਲਦਾ। ਇਹ ਗੱਲ ਪੱਕੀ ਜਾਣੋ ਕਿ ਪ੍ਰਭੂ ਦੇ ਨਾਮ ਦੀ ਰਾਸ-ਪੂੰਜੀ ਸਤਿਗੁਰੂ ਦੇ ਪਾਸ ਹੀ ਹੈ।

(੯) (ਪਉੜੀ ਨੰ: ੪੮ ਤੋਂ ੫੨)

ਪਰਮਾਤਮਾ ਦੀ ਯਾਦ ਭੁਲਾ ਕੇ ਜੀਵ-ਵਣਜਾਰਾ ਆਪਣੀ ਵੱਖਰੀ 'ਹਉ' ਵਿਚ ਫਸ ਜਾਂਦਾ ਹੈ; ਦੁਨੀਆ ਦੀਆਂ ਮੱਲਾਂ ਮੱਲਣ ਦੇ ਆਹਰੇ ਲੱਗ ਕੇ ਥੋੜ੍ਹ-ਵਿਤਾ ਤੇ ਤੰਗ-ਦਿਲ ਹੁੰਦਾ ਜਾਂਦਾ ਹੈ, ਸਾਥੀ ਬੰਦਿਆਂ ਨਾਲ ਕਈ ਠੱਗੀਆਂ-ਠੋਰੀਆਂ ਕਰਦਾ ਰਹਿੰਦਾ ਹੈ, ਵਿਤਕਰੇ ਦੀ ਅੱਗ ਵਿਚ ਆਪ ਭੀ ਸੜਦਾ ਹੈ ਤੇ ਹੋਰਨਾਂ ਨੂੰ ਭੀ ਦੁਖੀ ਕਰਦਾ ਹੈ। ਹਰੇਕ

ਮਨੁੱਖ ਆਪਣੀ ਜ਼ਿੰਦਗੀ ਦੇ ਤਜਰਬੇ ਤੋਂ ਇਹ ਗੱਲ ਜਾਣਦਾ ਹੈ। ਕੋਈ ਕਰਮ-ਕਾਂਡ ਕੋਈ ਚਤੁਰਾਈ-ਸਿਆਣਪ ਇਸ 'ਹਉ' ਵਿਚੋਂ ਕੱਢਣ ਦੇ ਸਮਰੱਥ ਨਹੀਂ ਹੈ। ਪ੍ਰਭੂ ਦੀ ਮੇਹਰ ਹੋਵੇ, ਗੁਰੂ ਦੇ ਸ਼ਬਦ ਦੀ ਰਾਹੀਂ ਆਪਣੀ ਸਿਫ਼ਤਿ-ਸਾਲਾਹ ਦੀ ਦਾਤਿ ਬਖ਼ਸ਼ੇ, ਤਾਂ ਹੀ ਇਹ 'ਹਉ' ਮੁੱਕਦੀ ਹੈ ਤੇ ਜੀਵਨ ਸੁਖੀ ਹੁੰਦਾ ਹੈ।

(੧੦) (ਪਉੜੀ ਨੰ: ੫੩, ੫੪)

ਕਿਤਨਾ ਹੀ ਪੜ੍ਹਿਆ-ਪੰਡਿਤ ਹੋਵੇ, ਪਰ ਜੇ ਉਹ ਜੀਵਨ-ਸਫ਼ਰ ਵਿਚ ਆਪਣੇ ਮਨ ਦੇ ਪਿੱਛੇ ਤੁਰ ਰਿਹਾ ਹੈ ਤਾਂ ਉਸ ਨੂੰ ਅਨ-ਪੜ੍ਹ ਹੀ ਜਾਣੋ, ਉਹ ਆਪਣੀ ਵਿੱਦਿਆ ਨਿਰੀ ਆਜੀਵਿਕਾ ਵਾਸਤੇ ਹੀ ਵਰਤਦਾ ਹੈ, ਆਤਮਕ ਗੁਣ ਉਸ ਨੇ ਕੋਈ ਨਾ ਖੱਟਿਆ, ਪੜ੍ਹਿਆ-ਪੰਡਿਤ ਉਸੇ ਨੂੰ ਸਮਝੋ ਜੋ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਆਪ ਭੀ ਪ੍ਰਭੂ ਦਾ ਨਾਮ ਸਿਮਰਦਾ ਹੈ ਤੇ ਆਪਣੇ ਚਾਟੜਿਆਂ ਨੂੰ ਭੀ ਪ੍ਰੇਰਦਾ ਹੈ।

ਸਮੁੱਚਾ ਭਾਵ—

੧. (ਪਉੜੀ ਨੰ: ੧ ਤੋਂ ੧੬)

ਜੋ ਮਨੁੱਖ ਜ਼ਬਾਨੀ ਜ਼ਬਾਨੀ ਤਾਂ ਇਹ ਆਖਦਾ ਰਹੇ ਕਿ ਪਰਮਾਤਮਾ ਹਰੇਕ ਜੀਵ ਵਿਚ ਵਿਆਪਕ ਹੈ,ਪਰ ਉਸ ਦੀ ਰੋਜ਼ ਦੀ ਕਰਤੂਤ ਇਹ ਹੋਵੇ ਕਿ ਹਰ ਵੇਲੇ ਆਪਣੀ ਹੀ ਗਉਂ ਸਾਹਮਣੇ ਰੱਖ ਕੇ ਥੋੜ੍ਹ-ਵਿਤਾ, ਸੁਆਰਥੀ, ਤੇ ਲਾਲਚ ਅਹੰਕਾਰ ਆਦਿਕ ਦਾ ਗੋੱਲਾ ਬਣਿਆ ਰਹੇ, ਮਾਇਆ ਦੀ ਖ਼ਾਤਰ ਭੈੜੇ ਚੰਦਰੇ ਬੰਦਿਆਂ ਦੀ ਖ਼ੁਸ਼ਾਮਦ ਕਰਨੋਂ ਭੀ ਨਾਂਹ ਸੰਗੇ, ਉਸ ਨੂੰ ਜੀਊਂਦਾ ਨਾਂਹ ਸਮਝੋ,ਉਹ ਆਤਮਕ ਮੌਤੇ ਮਰਿਆ ਹੋਇਆ ਹੈ।

੨. (ਪਉੜੀ ਨੰ: ੧੭ ਤੋਂ ੩੭)

ਪਰ ਇਹ ਆਤਮਕ ਮੌਤ ਲਾ-ਇਲਾਜ ਨਹੀਂ ਹੈ। ਪਰਮਾਤਮਾ ਦੀ ਯਾਦ ਤੋਂ ਖੁੰਝ ਕੇ ਹੀ ਮਨੁੱਖ ਮਾਇਆ ਦਾ ਗੋੱਲਾ ਬਣਦਾ ਹੈ ਤੇ ਵਧਦੇ ਲਾਲਚ ਦੇ ਕਾਰਨ ਦੂਜਿਆਂ ਤੋਂ ਖੋਹਾ-ਮੋਹੀ ਕਰਨ ਦੇ ਤਰੀਕੇ ਲੱਭਦਾ ਰਹਿੰਦਾ ਹੈ। ਜਿਸ ਮਨੁੱਖ ਉਤੇ ਪ੍ਰਭੂ ਦੀ ਮੇਹਰ ਹੋਵੇ, ਉਹ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪ੍ਰਭੂ ਦੀ ਯਾਦ ਵਿਚ ਜੁੜਦਾ ਹੈ। ਜਿਉਂ ਜਿਉਂ ਪ੍ਰਭੂ ਨਾਲ ਜਾਣ-ਪਛਾਣ ਵਧਦੀ ਹੈ, ਸੁਆਰਥ ਖ਼ੁਦ-ਗਰਜ਼ੀ ਤੋਂ ਸੰਕੋਚ ਹੁੰਦਾ ਜਾਂਦਾ ਹੈ। ਬੱਸ ! ਇਹੀ ਇਕੋ ਇਕ ਇਲਾਜ ਹੈ। ਹੋਰ ਕੋਈ ਕਰਮ-ਧਰਮ ਮਨੁੱਖ ਨੂੰ ਤ੍ਰਿਸ਼ਨਾ ਦੇ ਜਾਲ ਵਿਚੋਂ ਨਹੀਂ ਕੱਢ ਸਕਦਾ।

੩. (ਪਉੜੀ ਨੰ: ੩੮ ਤੋਂ ੫੪)

ਜੇ ਮਨੁੱਖ ਇਕ ਵਾਰੀ ਧਨ-ਸੰਪ੍ਰੈ ਜੋੜਨ ਦਾ ਰਾਹ ਫੜ ਲਏ, ਤਾਂ ਇਹ ਚਸਕਾ ਇਤਨਾ ਬਲਵਾਨ ਹੈ ਕਿ ਮਨੁੱਖ ਆਪਣੇ ਆਪ ਇਸ ਵਿਚੋਂ ਨਿਕਲ ਨਹੀਂ ਸਕਦਾ। ਥੋੜ੍ਹ-ਵਿਤਾ-ਪਨ, ਵਿਤਕਰਾ ਵਧਦੇ ਹੀ ਜਾਂਦੇ ਹਨ। ਹਰੇਕ ਮਨੁੱਖ ਆਪਣੀ ਜ਼ਿੰਦਗੀ ਦੇ

ਤਜਰਬੇ ਤੋਂ ਇਹ ਗੱਲ ਜਾਣਦਾ ਹੈ। ਆਪ ਭੀ ਦੁਖੀ ਹੁੰਦਾ ਹੈ ਹੋਰਨਾਂ ਨੂੰ ਭੀ ਦੁਖੀ ਕਰਦਾ ਹੈ। ਕੋਈ ਕਰਮ-ਕਾਂਡ ਕੋਈ ਚਤੁਰਾਈ ਇਸ ਤ੍ਰਿਸ਼ਨਾ-ਅੱਗ ਵਿਚੋਂ ਕੱਢਣ ਜੋਗੇ ਨਹੀਂ। ਗੁਰ-ਸ਼ਬਦ ਦੀ ਰਾਹੀਂ ਸਿਫ਼ਤਿ-ਸਾਲਾਹ ਹੀ ਇਸ ਵਿਚੋਂ ਕਢੱਦੀ ਹੈ। ਕਿਰਤ-ਕਾਰ ਛੱਡ ਕੇ ਜੰਗਲ-ਬੇਲੇ ਢੂੰਢਣ ਦੀ ਲੋੜ ਨਹੀਂ ਪੈਂਦੀ। ਪੜ੍ਹਿਆ-ਪੰਡਿਤ ਉਸੇ ਨੂੰ ਜਾਣੋ ਜੋ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਆਪ ਭਗਤੀ ਕਰਦਾ ਹੈ ਤੇ ਹੋਰਨਾਂ ਨੂੰ ਪ੍ਰੇਰਦਾ ਹੈ।

ਮੁੱਖ ਭਾਵ :–ਨਿਰੀ ਮਾਇਆ ਦੀ ਖ਼ਾਤਰ ਪੜ੍ਹੀ ਤੇ ਵਰਤੀ ਵਿੱਦਿਆ ਮਨੁੱਖ ਨੂੰ ਸਗੋਂ ਮਾਇਆ ਜੰਜਾਲ ਵਿਚ ਫਸਾ ਕੇ ਥੋੜ-ਵਿਤਾ ਸੁਆਰਥੀ ਬਣਾ ਦੇਂਦੀ ਹੈ। ਕਿਰਤ-ਕਾਰ ਕਰਦੇ ਹੋਏ ਹੀ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਪ੍ਰਭੂ ਦੀ ਯਾਦ ਵਿਚ ਭੀ ਜੁੜੋ।

ੴ ਸਤਿਗੁਰ ਪ੍ਰਸਾਦਿ ॥

ਰਾਮਕਲੀ ਮਹਲਾ ੧ ਦਖਣੀ

ਓਅੰਕਾਰੁ

ਓਅੰਕਾਰਿ ਬ੍ਰਹਮਾ ਉਤਪਤਿ ॥ ਓਅੰਕਾਰੁ ਕੀਆ ਜਿਨਿ ਚਿਤਿ ॥ ਓਅੰਕਾਰਿ ਸੈਲ ਜੁਗ ਭਏ ॥ ਓਅੰਕਾਰਿ ਬੇਦ ਨਿਰਮਏ ॥ ਓਅੰਕਾਰਿ ਸਬਦਿ ਉਧਰੇ ॥ ਓਅੰਕਾਰਿ ਗੁਰਮੁਖਿ ਤਰੇ ॥ ਓਨਮ ਅਖਰ ਸੁਣਹੁ ਬੀਚਾਰੁ ॥ ਓਨਮ ਅਖਰੁ ਤ੍ਰਿਭਵਣ ਸਾਰੁ ॥੧॥ [ਪੰਨਾ ੯੨੯]

ਨੋਟ ! ਇਸ ਬਾਣੀ ਦਾ ਨਾਮ 'ਓਅੰਕਾਰੁ' ਹੈ, 'ਦਖਣੀ ਓਅੰਕਾਰੁ' ਨਹੀਂ ਹੈ। ਲਫ਼ਜ਼ 'ਦਖਣੀ' ਦਾ ਸੰਬੰਧ ਲਫ਼ਜ਼ 'ਰਾਮਕਲੀ' ਨਾਲ ਹੈ। 'ਰਾਮਕਲੀ ਦਖਣੀ' ਰਾਗਣੀ 'ਰਾਮਕਲੀ' ਦੀ ਇਕ ਕਿਸਮ ਹੈ। ਇਸ ਖ਼ਿਆਲ ਦੀ ਪ੍ਰੋੜ੍ਹਤਾ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਕਈ ਹੋਰ ਪ੍ਰਮਾਣ ਮਿਲਦੇ ਹਨ; ਜਿਵੇਂ,

੧. (ਪੰਨਾ ੧੦੩੩) ਮਾਰੂ ਮਹਲਾ ੧ ਦਖਣੀ, ਭਾਵ, ਮਾਰੂ ਦਖਣੀ ਮ: ੧।

੨. (ਪੰਨਾ ੮੪੩) ਬਿਲਾਵਲੁ ਮਹਲਾ ੧ ਛੰਤ ਦਖਣੀ; ਭਾਵ ਬਿਲਾਵਲੁ ਦਖਣੀ ਮ: ੧ ਛੰਤ।

੩. (ਪੰਨਾ ੧੫੨) ਗਉੜੀ ਮਹਲਾ ੧ ਦਖਣੀ, ਭਾਵ, ਗਉੜੀ ਦਖਣੀ ਮ: ੧।

੪. (ਪੰਨਾ ੫੮੦) ਵਡਹੰਸੁ ਮਹਲਾ ੧ ਦਖਣੀ; ਭਾਵ, ਵਡਹੰਸ ਦਖਣੀ ਮਹਲਾ ੧।

੫. (ਪੰਨਾ ੧੩੪੩) ਪ੍ਰਭਾਤੀ ਮ: ੧ ਦਖਣੀ; ਭਾਵ, ਪ੍ਰਭਾਤੀ ਦਖਣੀ ਮ : ੧।

ਪਦ ਅਰਥ :–ਓਅੰਕਾਰਿ–ਓਅੰਕਾਰ ਤੋਂ ।

ਓਅੰਕਾਰੁ–[ਨੋਟ ! 'ਕਾਰ' ਸੰਸਕ੍ਰਿਤ ਦਾ ਇਕ 'ਪਿਛੇਤਰ' ਹੈ, ਇਸ ਦਾ ਅਰਥ ਹੈ 'ਇਕ-ਰਸ, ਲਗਾਤਾਰ, ਵਿਆਪਕ'; ਜਿਵੇਂ ਲਫ਼ਜ਼ 'ਧੁਨਿ' ਦਾ ਅਰਥ ਹੈ "ਆਵਾਜ਼", ਤੇ, ਲਫ਼ਜ਼'ਧੁਨਿਕਾਰ' ਦਾ ਅਰਥ ਹੈ 'ਇਕ-ਰਸ ਆਵਾਜ਼']ਓਅੰ+ਕਾਰ, ਇਕ-ਰਸ ਓਅੰ, ਸਰਬ-ਵਿਆਪਕ ਓਅੰ, ਸਰਬ ਵਿਆਪਕ ਪਰਮਾਤਮਾ। ਉਤਪਤਿ–ਉਤਪੱਤੀ, ਪੈਦਾਇਸ਼, ਜਨਮ। ਬ੍ਰਹਮਾ ਉਤਪਤਿ–ਬ੍ਰਹਮਾ ਦੀ ਉਤਪੱਤੀ। ਜਿਨਿ–ਜਿਸ ਨੇ, ਜਿਸ ਬ੍ਰਹਮਾ ਨੇ। ਚਿਤਿ–ਚਿੱਤ ਵਿਚ। ਓਅੰਕਾਰੁ......ਚਿਤਿ–ਜਿਨਿ ਓਅੰਕਾਰੁ ਚਿਤਿ ਕੀਆ, ਜਿਸ ਬ੍ਰਹਮਾ ਨੇ ਸਰਬ-ਵਿਆਪਕ ਪਰਮਾਤਮਾ ਨੂੰ (ਆਪਣੇ) ਚਿਤ ਵਿਚ (ਵਸਾਇਆ)। ਸੈਲ–(ਬੇਅੰਤ) ਪਹਾੜ, (ਭਾਵ,) ਸ੍ਰਿਸ਼ਟੀ। ਜੁਗ–ਸਮੇ ਦੀਆਂ ਵੰਡਾਂ। ਬੇਦ–ਵੇਦ ਆਦਿਕ ਧਰਮ-ਪੁਸਤਕ। ਨਿਰਮਏ–ਬਣੇ, ਪਰਗਟ ਹੋਏ। ਓਅੰਕਾਰਿ–ਓਅੰਕਾਰ ਦੀ ਰਾਹੀਂ, ਸਰਬ-ਵਿਆਪਕ ਪਰਮਾਤਮਾ ਦੀ ਰਾਹੀਂ। ਸਬਦਿ–ਸ਼ਬਦ ਦੀ ਰਾਹੀਂ, ਸ਼ਬਦ ਵਿਚ ਜੁੜ ਕੇ। ਉਧਰੇ–(ਜੀਵ ਡੁੱਬਣ ਤੋਂ) ਬਚ ਗਏ। ਗੁਰਮੁਖਿ–ਗੁਰੂ ਦੇ ਸਨਮੁਖ ਮਨੁੱਖ, ਉਹ ਮਨੁੱਖ ਜਿਨ੍ਹਾਂ ਦਾ ਮੂੰਹ ਗੁਰੂ ਵਲ ਰਹਿੰਦਾ ਹੈ। ਓਨਮ ਅਖਰ ਬੀਚਾਰੁ–ਓਨਮ ਅੱਖਰ ਦਾ ਵਿਚਾਰ [ਨੋਟ ! ਇਸ ਤੁਕ ਦੇ ਲਫ਼ਜ਼ 'ਅਖਰ' ਤੇ ਅਗਲੀ ਤੁਕ ਦੇ ਲਫ਼ਜ਼ 'ਅਖਰੁ' ਦਾ ਫ਼ਰਕ ਚੇਤੇ ਰੱਖਣ-ਜੋਗ ਹੈ। 'ਅਖਰ ਬੀਚਾਰੁ' ਵਿਚ ਲਫ਼ਜ਼ 'ਅਖਰ' ਸੰਬੰਧ ਕਾਰਕ ਵਿਚ ਹੈ, ਭਾਵ, 'ਅੱਖਰ ਦਾ ਬੀਚਾਰ'। ਅਗਲੀ ਤੁਕ ਵਿਚ ਲਫ਼ਜ਼ 'ਅਖਰੁ' ਕਰਤਾ ਕਾਰਕ ਇਕ ਵਚਨ ਹੈ, ਭਾਵ, "ਓਨਮ-ਅਖਰੁ ਤ੍ਰਿਭਵਣ-ਸਾਰੁ ਹੈ"]। ਓਨਮ–[ਪਾਠਸ਼ਾਲਾਂ ਵਿਚ ਪਾਂਧੇ ਲੋਕ ਮੁੰਡਿਆਂ ਨੂੰ ਪੜ੍ਹਾਣ ਵੇਲੇ ਉਹਨਾਂ ਦੀ ਪੱਟੀ ਤੇ ਲਫ਼ਜ਼ (ਓਂ ਨਮ:) 'ਓਅੰ ਨਮਹ' ਲਿਖ ਦੇਂਦੇ ਹਨ, ਜਿਸ ਦਾ ਅਰਥ ਹੈ 'ਓਅੰ ਨੂੰ ਨਮਸਕਾਰ ਹੈ, ਪਰਮਾਤਮਾ ਨੂੰ ਨਮਸਕਾਰ ਹੈ'। ਪਹਿਲੀ ਉਦਾਸੀ ਵਿਚ ਗੁਰੂ ਨਾਨਕ ਦੇਵ ਜੀ ਜਦੋਂ ਸੰਗਲਾਦੀਪ ਤੋਂ ਮੁੜ ਕੇ ਸੋਮਨਾਥ ਦੁਆਰਕਾ ਹੁੰਦੇ ਹੋਏ ਦਰਿਆ ਨਰਬਦਾ ਦੇ ਕੰਢੇ ਕੰਢੇ ਉਸ ਥਾਂ ਅੱਪੜੇ ਜਿਥੇ ਓਅੰਕਾਰ ਦਾ ਮੰਦਰ ਹੈ, ਉਹਨਾਂ ਵੇਖਿਆ ਕਿ ਲੋਕ ਮੰਦਰ ਵਿਚ ਥਾਪੀ ਹੋਈ ਸ਼ਿਵ-ਮੂਰਤੀ ਨੂੰ 'ਓਅੰਕਾਰ' ਮਿਥ ਕੇ ਪੂਜਾ ਕਰਦੇ ਹਨ। ਮੰਦਰ ਦੀ ਪਾਠ-ਸ਼ਾਲਾ ਦੇ ਚਾਟੜੇ ਪੱਟੀਆਂ ਉਤੇ 'ਓਅੰ ਨਮਹ' ਲਿਖਦੇ ਲਿਖਾਂਦੇ ਹਨ, ਪਰ ਉਹ ਭੀ ਉਸ ਸ਼ਿਵ-ਮੂਰਤੀ ਨੂੰ ਹੀ 'ਓਅੰ' ਸਮਝ ਰਹੇ ਹਨ। ਇਸ ਪਹਿਲੀ ਪਉੜੀ ਵਿਚ ਇਹ ਦੋਵੇਂ ਭੁਲੇਖੇ ਸਮਝਾਏ ਗਏ ਹਨ] ਓਅੰ ਨਮਹ, ਓਅੰ ਨੂੰ ਨਮਸਕਾਰ। ਓਨਮ ਅਖਰ–ਉਹ ਹਸਤੀ ਜਿਸ ਦੇ ਵਾਸਤੇ ਲਫ਼ਜ਼ 'ਓਨਮ' ਵਰਤਿਆ ਗਿਆ ਹੈ। ਓਨਮ ਅਖਰ ਬੀਚਾਰੁ–ਉਸ ਹਸਤੀ ਦਾ ਵਿਚਾਰ ਜਿਸ ਦੇ ਵਾਸਤੇ ਲਫ਼ਜ਼ 'ਓਨਮ'

ਵਰਤ ਰਹੇ ਹੋ। ਤ੍ਰਿਭਵਣ ਸਾਰੁ—ਤਿੰਨ ਭਵਨਾਂ ਦਾ ਤੱਤ, ਤਿੰਨ ਭਵਨਾਂ ਦਾ ਮੂਲ, ਸਾਰੀ ਸ੍ਰਿਸ਼ਟੀ ਦਾ ਕਰਤਾ।

ਨੋਟ ! 'ਰਹਾਉ' ਦੀ ਤੁਕ ਵਿਚ ਸਤਿਗੁਰੂ ਜੀ ਕਿਸੇ 'ਪਾਂਡੇ' ਨੂੰ ਸੰਬੋਧਨ ਕਰਦੇ ਹਨ। ਇਸ ਪਹਿਲੀ ਪਉੜੀ ਵਿਚ ਭੀ ਉਸ 'ਪਾਂਡੇ' ਨੂੰ ਹੀ ਆਖਦੇ ਹਨ 'ਹੇ ਪਾਂਡੇ ! ਓਨਮ ਅਖਰ ਬੀਚਾਰੁ ਸੁਣਹੁ'।

ਅਰਥ :—(ਹੇ ਪਾਂਡੇ ! ਤੁਸੀ ਮੰਦਰ ਵਿਚ ਅਸਥਾਪਨ ਕੀਤੀ ਹੋਈ ਇਸ ਮੂਰਤੀ ਨੂੰ 'ਓਅੰਕਾਰ' ਮਿਥ ਰਹੇ ਹੋ, ਤੇ ਆਖਦੇ ਹੋ ਕਿ ਸ੍ਰਿਸ਼ਟੀ ਨੂੰ ਬ੍ਰਹਮਾ ਨੇ ਪੈਦਾ ਕੀਤਾ ਸੀ। ਪਰ 'ਓਅੰਕਾਰ' ਉਹ ਸਰਬ-ਵਿਆਪਕ ਪਰਮਾਤਮਾ ਹੈ ਜਿਸ) ਸਰਬ-ਵਿਆਪਕ ਪਰਮਾਤਮਾ ਤੋਂ ਬ੍ਰਹਮਾ ਦਾ (ਭੀ) ਜਨਮ ਹੋਇਆ, ਉਸ ਬ੍ਰਹਮਾ ਨੇ ਭੀ ਉਸ ਸਰਬ-ਵਿਆਪਕ ਪ੍ਰਭੂ ਨੂੰ ਆਪਣੇ ਮਨ ਵਿਚ ਵਸਾਇਆ। ਇਹ ਸਾਰੀ ਸ੍ਰਿਸ਼ਟੀ ਤੇ ਸਮੇ ਦੀ ਵੰਡ ਉਸ ਸਰਬ-ਵਿਆਪਕ ਪਰਮਾਤਮਾ ਤੋਂ ਹੀ ਹੋਏ, ਵੇਦ ਭੀ ਉਸ ਓਅੰਕਾਰ ਤੋਂ ਹੀ ਬਣੇ। ਜੀਵ ਗੁਰੂ ਦੇ ਸ਼ਬਦ ਵਿਚ ਜੁੜ ਕੇ ਉਸ ਸਰਬ-ਵਿਆਪਕ ਪਰਮਾਤਮਾ ਦੀ ਸਹੈਤਾ ਨਾਲ ਹੀ ਸੰਸਾਰ ਦੇ ਵਿਕਾਰਾਂ ਤੋਂ ਬਚਦੇ ਹਨ, ਤੇ ਗੁਰੂ ਦੇ ਦੱਸੇ ਰਾਹ ਉਤੇ ਤੁਰ ਕੇ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਦੇ ਹਨ।

(ਹੇ ਪਾਂਡੇ ! ਤੁਸੀ ਅਪਣੇ ਚਾਟੜਿਆਂ ਦੀਆਂ ਪੱਟੀਆਂ ਉੱਤੇ ਲਫ਼ਜ਼ 'ਓਅੰ ਨਮਹ' ਲਿਖਦੇ ਹੋ, ਪਰ ਇਸ ਮੂਰਤੀ ਨੂੰ ਹੀ 'ਓਅੰ' ਸਮਝ ਰਹੇ ਹੋ) ਉਸ ਮਹਾਨ ਹਸਤੀ ਦੀ ਬਾਬਤ ਭੀ ਗੱਲ ਸੁਣੋ ਜਿਸ ਦੇ ਵਾਸਤੇ ਤੁਸੀ ਲਫ਼ਜ਼ 'ਓਅੰ ਨਮਹ' ਲਿਖਦੇ ਹੋ। ਇਹ ਲਫ਼ਜ਼ 'ਓਅੰ ਨਮਹ' ਉਸ (ਮਹਾਨ ਅਕਾਲ ਪੁਰਖ) ਵਾਸਤੇ ਹਨ ਜੋ ਸਾਰੀ ਸ੍ਰਿਸ਼ਟੀ ਦਾ ਕਰਤਾ ਹੈ। ੧।

ਸੁਣਿ ਪਾਡੇ ਕਿਆ ਲਿਖਹੁ ਜੰਜਾਲਾ ॥
ਲਿਖੁ ਰਾਮ ਨਾਮ ਗੁਰਮੁਖਿ ਗੋਪਾਲਾ ॥ ੧ ॥ ਰਹਾਉ ॥ [੯੩੦]

ਨੋਟ ! ਇਸ ਬਾਣੀ 'ਓਅੰਕਾਰ' ਦੀਆਂ ੫੪ ਪਉੜੀਆਂ ਹਨ। ਇਸ ਲੰਮੀ ਬਾਣੀ ਦਾ ਕੇਂਦਰੀ ਭਾਵ ਇਸ 'ਰਹਾਉ' ਵਾਲੀ ਤੁਕ ਵਿਚ ਹੈ। ਲਫ਼ਜ਼ 'ਰਹਾਉ' ਦਾ ਅਰਥ ਹੈ 'ਠਹਿਰ ਜਾਓ', ਜੇ ਸਾਰੀ ਬਾਣੀ ਦਾ ਸਾਰ-ਤੱਤ ਦੁ-ਹਰਫ਼ਾ ਸੁਣਨਾ ਹੈ ਤਾਂ ਇਹਨਾਂ ਦੋ ਤੁਕਾਂ ਤੇ ਖਲੋ ਜਾਓ।

ਪਦ ਅਰਥ :—ਕਿਆ ਲਿਖਹੁ—ਲਿਖਣ ਦਾ ਤੈਨੂੰ ਕੀਹ ਲਾਭ ? ਲਿਖਣ ਦਾ ਕੋਈ ਲਾਭ ਨਹੀਂ ਹੈ। ਜੰਜਾਲ—ਨਿਰੇ ਦੁਨੀਆ ਦੇ ਝੰਬੇਲੇ।

ਨੋਟ ! 'ਰਹਾਉ' ਦੀ ਇਸ ਤੁਕ ਨਾਲ ਓਅੰਕਾਰ' ਦੀ ਅਖ਼ੀਰਲੀ ਪਉੜੀ ਨੂੰ ਰਲਾ ਕੇ ਪੜ੍ਹੋ :—

ਪਾਧਾ ਗੁਰਮੁਖਿ ਆਖੀਐ, ਚਾਟੜਿਆ ਮਤਿ ਦੇਇ ॥ ਨਾਮੁ ਸਮਾਲਹੁ ਨਾਮੁ ਸੰਗਰਹੁ, ਲਾਹਾ ਜਗ ਮਹਿ ਲੇਇ ॥ ਸਚੀ ਪਟੀ ਸਚੁ ਮਨਿ ਪੜੀਐ ਸਬਦੁ ਸੁ ਸਾਰੁ ॥ ਨਾਨਕ ਸੋ ਪੜਿਆ ਸੋ ਪੰਡਿਤੁ ਬੀਨਾ, ਜਿਸੁ ਰਾਮਨਾਮੁ ਗਲਿ ਹਾਰੁ ॥ ੫੪ ॥

ਨੋਟ ! ਮੰਦਰਾਂ ਦੇ ਨਾਲ ਖੁਲ੍ਹੇ ਹੋਏ ਪਾਠਸ਼ਾਲਾ ਵਿਚ ਪੜ੍ਹਾਈ ਜਾ ਰਹੀ ਸੰਸਾਰਕ ਵਿੱਦਿਆ ਨੂੰ ਪੜ੍ਹਨ ਤੇ ਪੜ੍ਹਾਣ ਵਾਲੇ ਲੋਕ ਧਾਰਮਿਕ ਕੰਮ ਸਮਝ ਰਹੇ ਸਨ। ਸਤਿਗੁਰੂ ਜੀ ਭੁਲੇਖੇ ਨੂੰ ਦੂਰ ਕਰ ਰਹੇ ਹਨ। ਉਂਞ ਹਜ਼ੂਰ ਵਿੱਦਿਆ ਪੜ੍ਹਨ ਪੜ੍ਹਾਣ ਦੇ ਵਿਰੁੱਧ ਨਹੀਂ ਹਨ।

ਅਰਥ :—ਹੇ ਪਾਂਡੇ ! ਸੁਣ, ਨਿਰੀ (ਵਾਦ-ਵਿਵਾਦ ਤੇ ਸੰਸਾਰਕ) ਝੰਬੇਲਿਆਂ ਵਾਲੀ ਲਿਖਾਈ ਲਿਖਣ ਤੋਂ (ਕੋਈ ਆਤਮਕ) ਲਾਭ ਨਹੀਂ ਹੋ ਸਕਦਾ । (ਜੇ ਤੂੰ ਆਪਣਾ ਜੀਵਨ ਸਫਲਾ ਕਰਨਾ ਹੈ ਤਾਂ) ਗੁਰੂ ਦੇ ਸਨਮੁਖ ਹੋ ਕੇ ਸ੍ਰਿਸ਼ਟੀ ਦੇ ਮਾਲਕ ਪਰਮਾਤਮਾ ਦਾ ਨਾਮ (ਭੀ ਆਪਣੇ ਮਨ ਵਿਚ) ਲਿਖ। ੧। ਰਹਾਉ।

ਸਸੈ ਸਭੁ ਜਗੁ ਸਹਜਿ ਉਪਾਇਆ, ਤੀਨਿ ਭਵਨ ਇਕ ਜੋਤੀ ॥ ਗੁਰਮੁਖਿ ਵਸਤੁ ਪਰਾਪਤਿ ਹੋਵੈ, ਚੁਣਿ ਲੈ ਮਾਣਕ ਮੋਤੀ ॥ ਸਮਝੈ ਸੂਝੈ ਪੜਿ ਪੜਿ ਬੂਝੈ, ਅੰਤਿ ਨਿਰੰਤਰਿ ਸਾਚਾ ॥ ਗੁਰਮੁਖਿ ਦੇਖੈ ਸਾਚੁ ਸਮਾਲੇ, ਬਿਨੁ ਸਾਚੇ ਜਗੁ ਕਾਚਾ ॥ ੨ ॥ [੯੩੦]

ਨੋਟ ! ਪਾਂਧੇ ਚਾਟੜੇ ਦੀ ਪੱਟੀ ਉਤੇ 'ਓਅੰ ਨਮਹ' ਲਿਖ ਕੇ ਅੱਗੇ ਅਸੀਸ ਵਜੋਂ "ਸਿਧੰ ਆਇਐ" ਲਿਖਦੇ ਹਨ, ਜਿਸ ਦਾ ਭਾਵ ਇਹ ਹੈ ਕਿ 'ਤੈਨੂੰ ਇਸ ਵਿਚ ਸਿੱਧੀ ਪ੍ਰਾਪਤ ਹੋਵੇ'। ਪੜਨ ਲੱਗਿਆਂ ਅੱਖਰ 'ਧ' ਦੀ (ੰ) ਅਗਲੇ 'ਅ' ਨਾਲ ਮਿਲ ਕੇ 'ਙ' ਵਾਂਗ ਉਚਾਰੀ ਜਾਇਗੀ। ਇਸ ਵਾਸਤੇ ਸਤਿਗੁਰੂ ਜੀ ਨੇ ਪਹਿਲਾਂ ਅੱਖਰ 'ਸ, ਧ, ਙ, ਅਤੇ ੲ' ਲੈ ਕੇ ਪਉੜੀਆਂ ਉਚਾਰੀਆਂ ਹਨ।

ਪਦ ਅਰਥ :—ਸਸੈ—'ਸੱਸਾ' ਅੱਖਰ ਦੀ ਰਾਹੀਂ। ਸਹਜਿ—ਸਹਜੇ ਹੀ, ਬਿਨਾ ਕਿਸੇ ਉਚੇਚੇ ਉੱਦਮ ਦੇ। ਤੀਨਿ ਭਵਨ—ਤਿੰਨਾਂ ਭਵਨਾਂ ਵਿਚ, ਆਕਾਸ਼ ਪਾਤਾਲ ਮਾਤ ਲੋਕ ਵਿਚ, ਸਾਰੇ ਸੰਸਾਰ ਵਿਚ । ਇਕ ਜੋਤਿ—ਇੱਕ ਪਰਮਾਤਮਾ ਦੀ ਜੋਤਿ। ਗੁਰਮੁਖਿ—ਗੁਰੂ ਵਲ ਮੂੰਹ ਹੈ ਜਿਸ ਦਾ, ਗੁਰੂ ਦੇ ਦੱਸੇ ਰਾਹ ਤੇ ਤੁਰਨ ਵਾਲਾ ਮਨੁੱਖ । ਵਸਤੁ—ਗੋਪਾਲ ਦਾ ਰਾਮ ਨਾਮ (ਨੋਟ ! 'ਰਹਾਉ' ਦੀ ਕੇਂਦਰੀ ਤੁਕ ਵਿਚ ਇਸ਼ 'ਵਸਤੁ' ਨੂੰ ਸਾਫ਼ ਲਫ਼ਜ਼ਾਂ 'ਰਾਮ ਨਾਮ' ਵਿਚ ਦੱਸ ਦਿੱਤਾ ਹੈ)। ਚੁਣਿ ਲੈ—(ਗੁਰਮੁਖਿ ਮਨੁੱਖ) ਚੁਣ ਲੈਂਦਾ ਹੈ। ਮਾਣਕ ਮੋਤੀ—ਪਰਮਾਤਮਾ ਦਾ ਨਾਮ-ਰੂਪ ਕੀਮਤੀ ਧਨ। ਅੰਤਿ—ਆਖ਼ਰ ਨੂੰ, ਓੜਕ ਨੂੰ

(ਭਾਵ, ਹੋਰ ਸਾਰੇ ਪਦਾਰਥਾਂ ਦੇ ਟਾਕਰੇ ਤੇ)। ਨਿਰੰਤਰਿ–[ਨਿਰ+ਅੰਤਰ] ਇਕ-ਰਸ, ਹਰ ਥਾਂ ਮੌਜੂਦ। ਸਾਚਾ–ਸਚਾ ਥਿਰ ਰਹਿਣ ਵਾਲਾ। ਸਾਚੁ ਸਮਾਲੇ–ਸਦਾ ਕਾਇਮ ਰਹਿਣ ਵਾਲੇ ਪਰਮਾਤਮਾ ਨੂੰ ਯਾਦ ਕਰਦਾ ਹੈ। ਕਾਚਾ–ਨਾਸਵੰਤ।

ਅਰਥ :–ਜਿਸ ਪਰਮਾਤਮਾ ਨੇ ਕਿਸੇ ਉਚੇਚੇ ਉੱਦਮ ਤੋਂ ਬਿਨਾ ਹੀ ਇਹ ਸਾਰਾ ਜਗਤ ਪੈਦਾ ਕੀਤਾ ਹੈ,ਉਸ ਦੀ ਜੋਤਿ ਸਾਰੇ ਜਗਤ ਵਿਚ ਪਸਰ ਰਹੀ ਹੈ। ਜੋ ਮਨੁੱਖ ਗੁਰੂ ਦੇ ਦੱਸੇ ਰਸਤੇ ਉਤੇ ਤੁਰਦਾ ਹੈ ਉਸ ਨੂੰ ਉਸ ਪਰਮਾਤਮਾ ਦਾ ਨਾਮ-ਪਦਾਰਥ ਮਿਲ ਜਾਂਦਾ ਹੈ, ਗੁਰਮੁਖਿ ਮਨੁੱਖ ਪਰਮਾਤਮਾ ਦਾ ਨਾਮ-ਰੂਪ ਕੀਮਤੀ ਧਨ ਇਕੱਠਾ ਕਰ ਲੈਂਦਾ ਹੈ।

ਉਹ ਮਨੁੱਖ ਸਤਿਗੁਰੂ (ਦੀ ਬਾਣੀ) ਦੀ ਰਾਹੀਂ ਸਮਝਦਾ ਸੋਚਦਾ ਹੈ, ਸਤਿਗੁਰੂ ਦੀ ਬਾਣੀ ਮੁੜ ਮੁੜ ਪੜ੍ਹ ਕੇ ਉਸ ਨੂੰ ਇਹ ਭੇਤ ਖੁਲ੍ਹਦਾ ਹੈ ਕਿ ਸਾਰੀ ਸ੍ਰਿਸ਼ਟੀ ਵਿਚ ਵਿਆਪਕ ਪਰਮਾਤਮਾ ਹੀ ਓੜਕ ਨੂੰ ਸਦਾ ਥਿਰ ਰਹਿਣ ਵਾਲਾ ਹੈ। ਗੁਰੂ ਦੇ ਰਾਹ ਤੇ ਤੁਰਨ ਵਾਲਾ ਮਨੁੱਖ ਉਸ ਸਦਾ-ਥਿਰ ਪਰਮਾਤਮਾ ਨੂੰ ਹੀ (ਹਰ ਥਾਂ) ਵੇਖਦਾ ਹੈ ਤੇ ਆਪਣੇ ਹਿਰਦੇ ਵਿਚ ਵਸਾਂਦਾ ਹੈ, ਪਰਮਾਤਮਾ ਤੋਂ ਛੁਟ ਬਾਕੀ ਸਾਰਾ ਜਗਤ ਉਸ ਨੂੰ ਨਾਸਵੰਤ ਦਿੱਸਦਾ ਹੈ। ੨।

ਨੋਟ ! ਸੰਸਕ੍ਰਿਤ ਅਤੇ ਹਿੰਦੀ ਦੇ ਅੱਖਰ 'ਸ, ਧ' ਆਦਿਕ ਆਖ ਕੇ ਉਚਾਰੀਦੇ ਹਨ। ਪਰ ਗੁਰਮੁਖੀ ਅੱਖਰਾਂ ਨੂੰ 'ਸੱਸਾ, ਧੱਧਾ' ਆਖ ਕੇ ਉਚਾਰਦੇ ਹਾਂ। ਗੁਰੂ ਨਾਨਕ ਦੇਵ ਜੀ ਭੀ 'ਸੱਸਾ, 'ਧੱਧਾ' ਆਖ ਕੇ ਲਿਖਦੇ ਹਨ। ਇਥੋਂ ਇਹੀ ਨਤੀਜਾ ਨਿਕਲਦਾ ਹੈ ਕਿ ਹਜ਼ੂਰ ਗੁਰਮੁਖੀ ਲਿਪੀ ਵਿਚ ਲਿਖ ਰਹੇ ਸਨ, ਦੇਵ-ਨਾਗਰੀ ਵਿਚ ਨਹੀਂ।

ਧਧੈ ਧਰਮੁ ਧਰੇ ਧਰਮਾਪੁਰਿ, ਗੁਣਕਾਰੀ ਮਨੁ ਧੀਰਾ ॥ ਧਧੈ ਧੂਲਿ ਪੜੈ ਮੁਖਿ ਮਸਤਕਿ, ਕੰਚਨ ਭਏ ਮਨੂਰਾ ॥ ਧਨੁ ਧਰਣੀਧਰੁ ਆਪਿ ਅਜੋਨੀ, ਤੋਲਿ ਬੋਲਿ ਸਚੁ ਪੂਰਾ ॥ ਕਰਤੇ ਕੀ ਮਿਤਿ ਕਰਤਾ ਜਾਣੈ, ਕੈ ਜਾਣੈ ਗੁਰੁ ਸੂਰਾ ॥ ੩ ॥ [ਪੰਨਾ ੯੩੦]

ਪਦ ਅਰਥ :–ਧਰਮਾਪੁਰਿ–ਧਰਮ ਦੀ ਪੁਰੀ ਵਿਚ, ਸਤਸੰਗ ਵਿਚ। ਧਰਮੁ ਧਰੇ–(ਸਤਿਗੁਰੂ) ਧਰਮ ਉਪਦੇਸ਼ਦਾ ਹੈ। ਗੁਣਕਾਰੀ–ਗੁਣਾਂ ਦਾ ਪੈਦਾ ਕਰਨ ਵਾਲਾ। ਧੀਰਾ–ਟਿਕਿਆ ਹੋਇਆ। ਧੂਲਿ–ਧੂੜ, ਚਰਨ-ਧੂੜ। ਮੁਖਿ ਮਸਤਕਿ–(ਜਿਸ ਦੇ) ਮੂੰਹ ਉਤੇ ਮੱਥੇ ਉਤੇ। ਮਨੂਰ–ਸੜਿਆ ਹੋਇਆ ਲੋਹਾ। ਧਰਣੀਧਰੁ–ਧਰਤੀ ਦਾ ਆਸਰਾ ਪਰਮਾਤਮਾ। ਅਜੋਨੀ–ਜਨਮ-ਰਹਿਤ ਪ੍ਰਭੂ। ਤੋਲਿ–ਤੋਲ ਵਿਚ। ਬੋਲਿ–ਬੋਲ ਵਿਚ। ਮਿਤਿ–ਮਾਪ, ਵਿਤ, ਬਜ਼ੁਰਗੀ, ਵਡਿਆਈ। ਕੈ–ਜਾਂ। ਆਪਿ–ਆਪ ਹੀ ਆਪ, ਜਿਸ ਦਾ ਕੋਈ ਸ਼ਰੀਕ ਨਹੀਂ। ਤੋਲਿ ਬੋਲਿ ਸਚੁ ਪੂਰਾ–(ਭਾਵ, ਗੁਰੂ ਦੀ ਰਹਿਣੀ ਚਾਲੀ-ਸੇਰੀ ਸੁੱਧ ਹੈ, ਤੇ ਗੁਰੂ ਦੀ ਕਹਿਣੀ ਭੀ ਸੋਲਾ-ਆਨੇ ਖਰੀ ਹੁੰਦੀ ਹੈ)।

ਅਰਥ :–(ਹੇ ਪਾਂਡੇ ! ਗੁਰੂ ਦੀ ਸਰਨ ਪੈ ਕੇ ਕਰਤਾਰ ਦਾ ਨਾਮ ਆਪਣੇ ਮਨ

ਦੀ ਪੱਟੀ ਉਤੇ ਲਿਖ, ਉਹ ਬੜਾ ਬੇਅੰਤ ਹੈ) ਕਰਤਾਰ ਦੀ ਵਡਿਆਈ ਕਰਤਾਰ ਆਪ ਹੀ ਜਾਣਦਾ ਹੈ, ਜਾਂ, ਸੂਰਮਾ ਸਤਿਗੁਰੂ ਜਾਣਦਾ ਹੈ (ਭਾਵ, ਸਤਿਗੁਰੂ ਹੀ ਪਰਮਾਤਮਾ ਦੀ ਵਡਿਆਈ ਦੀ ਕਦਰ ਪਾਂਦਾ ਹੈ) ਸਤਿਗੁਰੂ ਸਤਸੰਗ ਵਿਚ (ਉਸ ਕਰਤਾਰ ਦੇ ਸਿਮਰਨ ਰੂਪ) ਧਰਮ ਦਾ ਉਪਦੇਸ਼ ਕਰਦਾ ਹੈ, (ਸਿਮਰਨ ਦੀ ਬਰਕਤਿ ਨਾਲ) ਸਤਿਗੁਰੂ ਦਾ ਆਪਣਾ ਮਨ ਟਿਕਿਆ ਰਹਿੰਦਾ ਹੈ, ਤੇ ਉਹ ਹੋਰਨਾਂ ਵਿਚ ਭੀ (ਇਹ) ਗੁਣ ਪੈਦਾ ਕਰਦਾ ਹੈ। ਜਿਸ ਮਨੁੱਖ ਦੇ ਮੂੰਹ-ਮੱਥੇ ਤੇ ਗੁਰੂ ਦੇ ਚਰਨਾਂ ਦੀ ਧੂੜ ਪਏ, ਉਹ ਨਕਾਰੇ ਸੜੇ ਹੋਏ ਲੋਹੇ ਤੋਂ ਸੋਨਾ ਬਣ ਜਾਂਦਾ ਹੈ। ਸਤਿਗੁਰੂ ਤੋਲ ਵਿਚ ਬੋਲ ਵਿਚ ਸੱਚਾ ਤੇ ਪੂਰਨ ਹੁੰਦਾ ਹੈ। ਅਤੇ ਜੋ ਪਰਮਾਤਮਾ ਸ੍ਰਿਸ਼ਟੀ ਦਾ ਆਸਰਾ ਹੈ ਜਿਸ ਦਾ ਕੋਈ ਸ਼ਰੀਕ ਨਹੀਂ ਤੇ ਜੋ ਜਨਮ-ਰਹਿਤ ਹੈ ਉਹੀ ਸਤਿਗੁਰੂ ਦਾ ਧਨ ਹੈ। ੩।

ਗਿਆਨੁ ਗਵਾਇਆ ਦੂਜਾ ਭਾਇਆ, ਗਰਬਿ ਗਲੇ ਬਿਖੁ ਖਾਇਆ॥
ਗੁਰ ਰਸੁ ਗੀਤ ਬਾਦ ਨਹੀ ਭਾਵੈ ਸੁਣੀਐ, ਗਹਿਰ ਗੰਭੀਰੁ ਗਵਾਇਆ ॥
ਗੁਰਿ ਸਚੁ ਕਹਿਆ ਅੰਮ੍ਰਿਤੁ ਲਹਿਆ, ਮਨਿ ਤਨਿ ਸਾਚੁ ਸੁਖਾਇਆ ॥
ਆਪੇ ਗੁਰਮੁਖਿ ਆਪੇ ਦੇਵੈ, ਆਪੇ ਅੰਮ੍ਰਿਤੁ ਪੀਆਇਆ ॥੪॥ [੯੩੦]

ਪਦ ਅਰਥ :–ਗਿਆਨੁ–ਗੁਰੂ ਦਾ ਦਿੱਤਾ ਹੋਇਆ ਉਪਦੇਸ਼।ਦੂਜਾ–ਗੁਰ-ਉਪਦੇਸ਼ ਤੋਂ ਬਿਨਾ ਕੁਝ ਹੋਰ। ਭਾਇਆ–(ਜਿਸ ਮਨੁੱਖ ਨੂੰ) ਚੰਗਾ ਲੱਗਾ। ਗਰਬਿ–ਅਹੰਕਾਰ ਵਿਚ। ਗਲੇ–ਗਲ ਗਏ, ਨਿੱਘਰ ਗਏ। ਬਿਖੁ–ਜ਼ਹਿਰ (ਜਿਸ ਨੇ ਆਤਮਕ ਮੌਤ ਲੈ ਆਂਦੀ)। ਗੁਰ ਰਸੁ ਗੀਤ–ਗੁਰੂ ਦੀ ਬਾਣੀ ਦਾ ਆਨੰਦ। ਬਾਦ–ਕਥਨ, ਗੁਰੂ ਦਾ ਕਥਨ। ਨਹੀ ਭਾਵੈ ਸੁਣੀਐ–ਸੁਣਿਆ ਚੰਗਾ ਨਹੀਂ ਲੱਗਦਾ, ਸੁਣਨ ਨੂੰ ਜੀ ਨਹੀਂ ਕਰਦਾ।ਗਹਿਰ ਗੰਭੀਰੁ–ਅਥਾਹ ਪਰਮਾਤਮਾ,ਬੇਅੰਤ ਗੁਣਾਂ ਦਾ ਮਾਲਕ ਪ੍ਰਭੂ। ਗੁਰਿ–ਸਤਿਗੁਰੂ ਦੀ ਰਾਹੀਂ। ਸਚੁ ਕਹਿਆ–(ਜਿਸ ਨੇ) ਸਦਾ ਥਿਰ ਰਹਿਣ ਵਾਲੇ ਪਰਮਾਤਮਾ ਨੂੰ ਸਿਮਰਿਆ। ਲਹਿਆ–(ਉਸ ਨੇ, ਲੱਭ ਲਿਆ। ਮਨਿ–ਮਨ ਵਿਚ। ਤਨਿ–ਸਰੀਰ ਵਿਚ। ਸਾਚੁ–ਸਦਾ ਕਾਇਮ ਰਹਿਣ ਵਾਲਾ ਪ੍ਰਭੂ। ਸੁਖਾਇਆ–ਪਿਆਰਾ ਲੱਗਾ। ਗੁਰਮੁਖਿ–ਗੁਰੂ ਦੇ ਸਨਮੁਖ ਕਰ ਕੇ, ਗੁਰੂ ਦੀ ਰਾਹੀਂ। ਆਪੇ–ਪ੍ਰਭੂ ਆਪ ਹੀ।

ਨੋਟ: ਇਸ ਪਉੜੀ ਵਿਚ ਲਫ਼ਜ਼ 'ਸਵਾਇਆ, ਭਾਇਆ, ਖਾਇਆ', ਆਦਿਕ ਸਾਰੇ ਭੂਤ-ਕਾਲ ਵਿਚ ਹਨ। ਇਹਨਾਂ ਦਾ ਭਾਵ ਵਰਤਮਾਨ ਕਾਲ ਵਿਚ ਲੈਣਾ ਹੈ। ਸੋ, ਟੀਕਾ ਵਰਤਮਾਨ ਵਿਚ ਕੀਤਾ ਜਾਇਗਾ।

ਅਰਥ :–ਜੋ ਮਨੁੱਖ ਸਤਿਗੁਰੂ ਦਾ ਉਪਦੇਸ਼ ਵਿਸਾਰ ਦੇਂਦਾ ਹੈ ਤੇ ਕਿਸੇ ਹੋਰ ਜੀਵਨ-ਰਾਹ ਨੂੰ ਪਸੰਦ ਕਰਦਾ ਹੈ, ਉਹ ਅਹੰਕਾਰ ਵਿਚ ਨਿੱਘਰ ਜਾਂਦਾ ਹੈ, ਤੇ ਉਹ (ਆਤਮਕ ਮੌਤ ਦਾ ਮੂਲ ਅਹੰਕਾਰ-ਰੂਪ) ਜ਼ਹਿਰ ਖਾਂਦਾ ਹੈ। ਉਸ ਮਨੁੱਖ ਨੂੰ (ਦੂਜੇ ਭਾਵ

ਦੇ ਕਾਰਨ) ਸਤਿਗੁਰੂ ਦੀ ਬਾਣੀ ਦਾ ਆਨੰਦ ਤੇ ਗੁਰੂ ਦੇ ਬਚਨ ਸੁਣੇ ਨਹੀਂ ਭਾਉਂਦੇ। ਉਹ ਮਨੁੱਖ ਅਥਾਹ ਗੁਣਾਂ ਦੇ ਮਾਲਕ ਪਰਮਾਤਮਾ ਤੋਂ ਵਿਛੁੜ ਜਾਂਦਾ ਹੈ।

ਜਿਸ ਮਨੁੱਖ ਨੇ ਸਤਿਗੁਰੂ ਦੀ ਰਾਹੀਂ ਸਦਾ-ਥਿਰ ਪ੍ਰਭੂ ਨੂੰ ਸਿਮਰਿਆ ਹੈ,ਉਸ ਨੇ ਨਾਮ-ਅੰਮ੍ਰਿਤ ਹਾਸਲ ਕਰ ਲਿਆ ਹੈ, ਫਿਰ ਉਸ ਨੂੰ ਉਹ ਪਰਮਾਤਮਾ ਮਨ ਤਨ ਵਿਚ ਪਿਆਰਾ ਲੱਗਦਾ ਹੈ। (ਪਰ ਇਹ ਉਸ ਦੀ ਬਖ਼ਸ਼ਸ਼ ਹੀ ਹੈ) ਉਹ ਆਪ ਹੀ ਗੁਰੂ ਦੀ ਸਰਨ ਪਾ ਕੇ (ਸਿਮਰਨ ਦੀ ਦਾਤਿ) ਦੇਂਦਾ ਹੈ ਤੇ ਆਪ ਹੀ ਨਾਮ-ਅੰਮ੍ਰਿਤ ਪਿਲਾਂਦਾ ਹੈ। ੪।

ਏਕੋ ਏਕੁ ਕਹੈ ਸਭੁ ਕੋਈ, ਹਉਮੈ ਗਰਬੁ ਵਿਆਪੈ ॥ ਅੰਤਰਿ ਬਾਹਰਿ ਏਕੁ ਪਛਾਣੈ, ਇਉ ਘਰੁ ਮਹਲੁ ਸਿਞਾਪੈ ॥ ਪ੍ਰਭੁ ਨੇੜੈ ਹਰਿ ਦੂਰਿ ਨ ਜਾਣਹੁ, ਏਕੋ ਸ੍ਰਿਸਟਿ ਸਬਾਈ॥ ਏਕੰਕਾਰੁ ਅਵਰੁ ਨਹੀ ਦੂਜਾ, ਨਾਨਕ ਏਕੁ ਸਮਾਈ॥ ੫॥ [ਪੰਨਾ ੯੩੦]

ਪਦ ਅਰਥ :—ਏਕੋ ਏਕੁ—ਸਿਰਫ਼ ਇਕ (ਪਰਮਾਤਮਾ) ਹੀ। ਸਭੁ ਕੋਈ—ਹਰੇਕ ਜੀਵ। ਗਰਬੁ—ਅਹੰਕਾਰ। ਵਿਆਪੈ—ਜੋਰ ਪਾਈ ਰੱਖਦਾ ਹੈ, ਛਾਇਆ ਰਹਿੰਦਾ ਹੈ। ਇਉ—(ਭਾਵ,) ਹਉਮੈ ਗਰਬ ਦਾ ਸਾਇਆ ਦੂਰ ਕਰ ਕੇ। ਘਰੁ ਮਹਲੁ—ਪਰਮਾਤਮਾ ਦਾ ਅਸਥਾਨ। ਸਿਞਾਪੈ—ਸਿਆਣਿਆ ਜਾਂਦਾ ਹੈ। ਦੂਰਿ ਨ ਜਾਣਹੁ—(ਹੇ ਪਾਂਡੇ !) ਪ੍ਰਭੂ ਨੂੰ ਕਿਤੇ ਦੂਰ ਨ ਸਮਝ। ਏਕੋ—ਇਕ ਪ੍ਰਭੂ ਹੀ। ਸਬਾਈ—ਸਾਰੀ। ਏਕੰਕਾਰੁ—ਸਰਬ-ਵਿਆਪਕ ਪਰਮਾਤਮਾ। ਸਮਾਈ—ਹਰ ਥਾਂ ਮੌਜੂਦ ਹੈ।

ਅਰਥ:—(ਉਂਞ ਤਾਂ)ਹਰ ਕੋਈ ਆਖਦਾ ਹੈ ਕਿ ਇਕ ਪਰਮਾਤਮਾ ਹੀ ਪਰਮਾਤਮਾ ਹੈ,ਪਰ(ਜਿਸ ਮਨ ਉਤੇ ਪਰਮਾਤਮਾ ਦਾ ਨਾਮ ਲਿਖਣਾ ਹੈ, ਉਸ ਉਤੇ)ਹਉਮੈ ਅਹੰਕਾਰ ਜ਼ੋਰ ਪਾਈ ਰੱਖਦਾ ਹੈ। ਜੇ ਮਨੁੱਖ(ਹਉਮੈ ਅਹੰਕਾਰ ਦਾ ਸਾਇਆ ਦੂਰ ਕਰ ਕੇ) ਆਪਣੇ ਹਿਰਦੇ ਵਿਚ ਅਤੇ ਸਾਰੀ ਸ੍ਰਿਸ਼ਟੀ ਵਿਚ ਇਕ ਪਰਮਾਤਮਾ ਨੂੰ ਪਛਾਣ ਲਏ, ਤਾਂ ਇਸ ਤਰ੍ਹਾਂ ਉਸ ਨੂੰ ਪਰਮਾਤਮਾ ਦੇ ਅਸਥਾਨ ਦੀ ਸਿੰਞਾਣ ਆ ਜਾਂਦੀ ਹੈ।

(ਹੇ ਪਾਂਡੇ !) ਪਰਮਾਤਮਾ (ਤੇਰੇ) ਨੇੜੇ (ਭਾਵ, ਹਿਰਦੇ ਵਿਚ ਵੱਸ ਰਿਹਾ)ਹੈ,ਉਸ ਨੂੰ (ਆਪਣੇ ਤੋਂ ਦੂਰ ਨਾਹ ਸਮਝ, ਇਕ ਪਰਮਾਤਮਾ ਹੀ ਸਾਰੀ ਸ੍ਰਿਸ਼ਟੀ ਵਿਚ ਮੌਜੂਦ ਹੈ। ਹੇ ਨਾਨਕ ! ਇਕ ਸਰਬ-ਵਿਆਪਕ ਪਰਮਾਤਮਾ ਹੀ (ਹਰ ਥਾਂ) ਸਮਾਇਆ ਹੋਇਆ ਹੈ, ਉਸ ਤੋਂ ਬਿਨਾ ਕੋਈ ਹੋਰ ਦੂਜਾ ਨਹੀਂ ਹੈ। ੫।

ਇਸੁ ਕਰਤੇ ਕਉ ਕਿਉ ਗਹਿ ਰਾਖਉ, ਅਫਰਿਓ ਤੁਲਿਓ ਨ ਜਾਈ॥ ਮਾਇਆ ਕੇ ਦੇਵਾਨੇ ਪ੍ਰਾਣੀ, ਝੂਠਿ ਠਗਉਰੀ ਪਾਈ॥ਲਬਿ ਲੋਭਿ ਮੁਹਤਾਜਿ

ਵਿਗੂਤੇ, ਇਬ ਤਬ ਫਿਰਿ ਪਛੁਤਾਈ॥ ਏਕੁ ਸਰੇਵੈ ਤਾ ਗਤਿ ਮਿਤਿ ਪਾਵੈ, ਆਵਣੁ ਜਾਣੁ ਰਹਾਈ ॥ ੬ ॥ [ਪੰਨਾ ੯੩੦]

ਪਦ ਅਰਥ :–ਇਸੁ ਕਰਤੇ ਕਉ–ਇਸ ਨੇੜੇ-ਵੱਸਦੇ ਕਰਤਾਰ ਨੂੰ (ਭਾਵ, ਭਾਵੇਂ ਕਰਤਾਰ ਮੇਰੇ ਆਪਣੇ ਅੰਦਰ ਵੱਸਦਾ ਹੈ)। ਗਹਿ ਰਾਖਉ–ਫੜ ਰੱਖਾਂ, ਹਿਰਦੇ ਵਿਚ ਟਿਕਾਈ ਰੱਖਾਂ। ਅਫਰਿਓ–ਫੜਿਆ ਨਹੀਂ ਜਾ ਸਕਦਾ, ਹਿਰਦੇ ਵਿਚ ਵਸਾਇਆ ਨਹੀਂ ਜਾ ਸਕਦਾ। ਤੁਲਿਓ ਨ ਜਾਈ–ਤੋਲਿਆ ਨਹੀਂ ਜਾ ਸਕਦਾ, ਉਸ ਦੀ ਵਡਿਆਈ ਦੀ ਕਦਰ ਨਹੀਂ ਪੈ ਸਕਦੀ। ਕਿਉ–ਕਿਵੇਂ ? (ਭਾਵ, ਜਦ ਤਕ ਅੰਦਰ 'ਹਉਮੈ ਗਰਬ' ਹੈ ਤਦ ਤਕ ਨਹੀਂ)। ਦੀਵਾਨੇ–ਮਤਵਾਲੇ ਨੂੰ। ਝੂਠਿ–ਝੂਠ ਨੇ। ਠਗਉਲੀ–ਠਗ-ਮੂਰੀ, ਠਗ-ਬੂਟੀ, ਖਿੱਚ, ਜਾਦੂ। ਲਬਿ–ਚਸਕੇ ਵਿਚ। ਲੋਭਿ–ਲਾਲਚ ਵਿਚ। ਮੁਹਤਾਜਿ–ਮੁਥਾਜੀ ਵਿਚ। ਇਬ ਤਬ ਫਿਰਿ–ਹੁਣ ਤਦੋਂ ਮੁੜ-ਮੁੜ, ਸਦਾ ਹੀ। ਸਰੇਵੈ–ਸਿਮਰੇ। ਗਤਿ–ਪਰਮਾਤਮਾ ਦੀ ਗਤਿ, ਪ੍ਰਭੂ ਨਾਲ ਜਾਣ-ਪਛਾਣ। ਮਿਤਿ–ਪਰਮਾਤਮਾ ਦੀ ਮਿਤਿ, ਪ੍ਰਭੂ ਦੀ ਵਡਿਆਈ ਦੀ ਕਦਰ। ਰਹਾਈ–ਮੁੱਕਦਾ ਹੈ।

ਅਰਥ :–(ਹੇ ਪਾਂਡੇ !) ਭਾਵੇਂ ਕਰਤਾਰ ਮੇਰੇ ਅੰਦਰ ਹੀ ਵੱਸ ਰਿਹਾ ਹੈ (ਜਦ ਤਕ ਮੇਰੇ ਅੰਦਰ ਹਉਮੈ ਅਹੰਕਾਰ ਹੈ) ਮੈਂ ਉਸ ਨੂੰ ਆਪਣੇ ਮਨ ਵਿਚ ਵਸਾ ਨਹੀਂ ਸਕਦਾ, (ਜਦ ਤਕ ਮਨ ਵਿਚ ਹਉਮੈ ਹੈ ਤਦ ਤਕ ਉਹ ਕਰਤਾਰ) ਮਨ ਵਿਚ ਵਸਾਇਆ ਨਹੀਂ ਜਾ ਸਕਦਾ, ਉਸ ਦੀ ਵਡਿਆਈ ਦੀ ਕਦਰ ਪਾਈ ਨਹੀਂ ਜਾ ਸਕਦੀ।

ਮਾਇਆ ਦੇ ਮਤਵਾਲੇ ਜੀਵ ਨੂੰ (ਜਦ ਤਕ) ਝੂਠ ਨੇ ਠਗ-ਬੂਟੀ ਚਮੋੜੀ ਹੋਈ ਹੈ, (ਜਦ ਤਕ ਜੀਵ) ਚਸਕੇ ਵਿਚ ਲਾਲਚ ਵਿਚ ਤੇ ਪਰਾਈ ਮੁਥਾਜੀ ਵਿਚ ਖ਼ੁਆਰ ਹੋ ਰਿਹਾ ਹੈ, ਤਦ ਤਕ ਹਰ ਵੇਲੇ ਇਸ ਨੂੰ ਹਾਹੁਕਾ ਹੀ ਹਾਹੁਕਾ ਹੈ।

ਜਦੋਂ ਮਨੁੱਖ (ਹਉਮੈ ਦੂਰ ਕਰ ਕੇ) ਇਕ ਪਰਮਾਤਮਾ ਨੂੰ ਸਿਮਰਦਾ ਹੈ ਤਦੋਂ ਪਰਮਾਤਮਾ ਨਾਲ ਇਸ ਦੀ ਜਾਣ-ਪਛਾਣ ਹੋ ਜਾਂਦੀ ਹੈ, ਪਰਮਾਤਮਾ ਦੀ ਵਡਿਆਈ ਦੀ ਇਸ ਨੂੰ ਕਦਰ ਪੈਂਦੀ ਹੈ, ਤੇ ਇਸ ਦਾ ਜਨਮ-ਮਰਨ ਮੁੱਕ ਜਾਂਦਾ ਹੈ। ੬।

ਏਕੁ ਅਚਾਰੁ ਰੰਗੁ ਇਕੁ ਰੂਪੁ ॥ ਪਉਣ ਪਾਣੀ ਅਗਨੀ ਅਸਰੂਪੁ ॥ ਏਕੋ ਭਵਰੁ ਭਵੈ ਤਿਹੁ ਲੋਇ ॥ ਏਕੋ ਬੂਝੈ ਸੂਝੈ ਪਤਿ ਹੋਇ ॥ ਗਿਆਨੁ ਧਿਆਨੁ ਲੇ ਸਮਸਰਿ ਰਹੈ॥ ਗੁਰਮੁਖਿ ਏਕੁ ਵਿਰਲਾ ਕੋ ਲਹੈ ॥ ਜਿਸ ਨੋ ਦੇਇ ਕਿਰਪਾ ਤੇ ਸੁਖੁ ਪਾਏ॥ਗੁਰੂ ਦੁਆਰੈ ਆਖਿ ਸੁਣਾਏ ॥੭॥ [੯੩੦]

ਪਦ ਅਰਥ :–ਏਕੁ, ਇਕੁ–ਇਕ ਪਰਮਾਤਮਾ ਹੀ। ਅਚਾਰੁ–ਕਾਰ-ਵਿਹਾਰ। ਅਸਰੂਪੁ–[ਸ੍ਵਰੂਪ] ਸਰੂਪ। ਏਕੋ ਭਵਰੁ–ਇਕੋ ਹੀ ਆਤਮਾ, ਇਕ ਪਰਮਾਤਮਾ ਦੀ ਹੀ

ਜੋਤਿ। ਭਵੈ—ਪਸਰ ਰਹੀ ਹੈ, ਵਿਆਪਕ ਹੈ। ਤਿਹੁ ਲੋਇ—ਤਿੰਨਾਂ ਲੋਕਾਂ ਵਿਚ, ਸਾਰੇ ਜਗਤ ਵਿਚ। ਪਤਿ—ਆਦਰ, ਸਤਕਾਰ। ਗਿਆਨੁ—ਪਰਮਾਤਮਾ ਨਾਲ ਜਾਣ-ਪਛਾਣ। ਧਿਆਨੁ—ਪਰਮਾਤਮਾ ਵਿਚ ਟਿਕੀ ਹੋਈ ਸੁਰਤਿ। ਲੈ—ਪ੍ਰਾਪਤ ਕਰ ਕੇ। ਸਮਸਰਿ—ਬਰਾਬਰ, ਪੱਧਰਾ, ਪੱਧਰੇ ਜੀਵਨ ਵਾਲਾ, ਧੀਰਾ, ਹਉਮੈ-ਅਹੰਕਾਰ-ਰਹਿਤ। ਗੁਰਮੁਖਿ—ਗੁਰੂ ਦੇ ਸਨਮੁਖ ਮਨੁੱਖ। ਇਕੁ—ਇਕ ਪਰਮਾਤਮਾ ਨੂੰ। ਕਿਰਪਾ ਤੇ—(ਪ੍ਰਭੂ ਆਪਣਾ) ਕਿਰਪਾ ਨਾਲ। ਦੇਇ—ਦੇਂਦਾ ਹੈ। ਗੁਰੂ ਦੁਆਰੈ—ਸਤਿਗੁਰੂ ਦੀ ਰਾਹੀਂ। ਆਖਿ—ਆਖ ਕੇ, ਮੱਤ ਦੇ ਕੇ।

ਅਰਥ :—(ਹੇ ਪਾਂਡੇ! ਉਸ ਗੁਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਲਿਖ ਜੋ) ਇਕ ਆਪ ਹੀ (ਹਰ ਥਾਂ ਵਿਆਪਕ ਹੋ ਕੇ ਜਗਤ ਦੀ ਵਿਹ ਸਾਰੀ) ਕਿਰਤ-ਕਾਰ (ਕਰ ਰਿਹਾ) ਹੈ, (ਜੋ) ਇਕ ਆਪ ਹੀ (ਸੰਸਾਰ ਦਾ ਇਹ ਸਾਰਾ) ਰੂਪ ਰੰਗ (ਆਪਣੇ ਆਪ ਤੋਂ ਪਰਗਟ ਕਰ ਰਿਹਾ) ਹੈ, ਤੇ (ਜਗਤ ਦੇ ਇਹ ਤੱਤ) ਹਵਾ ਪਾਣੀ ਅੱਗ (ਜਿਸ ਦਾ ਆਪਣਾ ਹੀ) ਸਰੂਪ ਹਨ, ਜਿਸ ਗੁਪਾਲ ਦੀ ਜੋਤਿ ਹੀ ਸਾਰੇ ਜਗਤ ਵਿਚ ਪਸਰ ਰਹੀ ਹੈ।

ਜੋ ਮਨੁੱਖ ਉਸ ਇੱਕ ਪਰਮਾਤਮਾ ਨੂੰ (ਹਰ ਥਾਂ ਵਿਆਪਕ) ਸਮਝਦਾ ਹੈ, ਜਿਸ ਨੂੰ ਹਰ ਥਾਂ ਪਰਮਾਤਮਾ ਹੀ ਦਿੱਸਦਾ ਹੈ, ਉਹ ਆਦਰ-ਸਤਕਾਰ ਹਾਸਲ ਕਰਦਾ ਹੈ। ਕੋਈ ਵਿਰਲਾ ਮਨੁੱਖ ਸਤਿਗੁਰੂ ਦੀ ਰਾਹੀਂ ਪਰਮਾਤਮਾ ਨਾਲ ਜਾਣ-ਪਛਾਣ ਪਾ ਕੇ, ਤੇ, ਉਸ ਵਿਚ ਸੁਰਤਿ ਟਿਕਾ ਕੇ ਧੀਰੇ ਜੀਵਨ ਵਾਲਾ ਬਣਦਾ ਹੈ, ਅਜੇਹਾ ਮਨੁੱਖ ਉਸ ਪਰਮਾਤਮਾ ਨੂੰ ਪ੍ਰਾਪਤ ਕਰ ਲੈਂਦਾ ਹੈ। ਜਿਸ ਮਨੁੱਖ ਨੂੰ ਪ੍ਰਭੂ ਆਪਣੀ ਮੇਹਰ ਨਾਲ ਇਹ ਦਾਤਿ ਦੇਂਦਾ ਹੈ, ਜਿਸ ਨੂੰ ਗੁਰੂ ਦੀ ਰਾਹੀਂ (ਆਪਣੀ ਸਰਬ-ਵਿਆਪਕਤਾ ਦਾ ਉਪਦੇਸ਼) ਸੁਣਾਂਦਾ ਹੈ ਉਹ ਮਨੁੱਖ ਸੁਖ ਮਾਣਦਾ ਹੈ।੭।

ਨੋਟ—ਅੱਖਰ 'ਦ' ਦੀਆਂ ਤਿੰਨਾਂ ਪਉੜੀਆਂ ਨੰ: ੫, ੬, ੭, ਵਿਚ ਇਕੋ ਹੀ ਮਿਲਵਾਂ ਭਾਵ ਹੈ ਕਿ ਗੁਰੂ ਦੀ ਰਾਹੀਂ ਹਉਮੈ ਅਹੰਕਾਰ ਦੂਰ ਕੀਤਿਆਂ ਉਹ ਪਰਮਾਤਮਾ ਹਰ ਥਾਂ ਵਿਆਪਕ ਦਿੱਸਦਾ ਹੈ।

ਊਰਮ ਧੂਰਮ ਜੋਤਿ ਉਜਾਲਾ ॥ ਤੀਨਿ ਭਵਣ ਮਹਿ ਗੁਰ ਗੋਪਾਲਾ ॥ ਊਗਵਿਆ ਅਸਰੂਪੁ ਦਿਖਾਵੈ ॥ ਕਰਿ ਕਿਰਪਾ ਅਪੁਨੈ ਘਰਿ ਆਵੈ ॥ ਊਨਵਿ ਬਰਸੈ ਨੀਝਰ ਧਾਰਾ ॥ ਊਤਮ ਸਬਦਿ ਸਵਾਰਣਹਾਰਾ ॥ ਇਸੁ ਏਕੇ ਕਾ ਜਾਣੈ ਭੇਉ ॥ ਆਪੇ ਕਰਤਾ ਆਪੇ ਦੇਉ ॥ ੮ ॥ [੯੩੦]

ਪਦ ਅਰਥ :—ਊਰਮ—[ਸੰ: ਉਰਵੀ] ਧਰਤੀ। ਧੂਰਮ—[ਸੰ: ਧੂਮ੍ਰ] ਧੂਆਂ, ਆਕਾਸ਼। ਉਜਾਲਾ—ਚਾਨਣ, ਪ੍ਰਕਾਸ਼। ਗੁਰ—ਸਭ ਤੋਂ ਵੱਡਾ। ਗੋਪਾਲ—ਪ੍ਰਿਥਵੀ ਦਾ

ਪਾਲਣਹਾਰ। ਊਗਵਿਆ—ਪਰਗਟ ਹੋ ਕੇ। ਅਸਰੂਪੁ—ਆਪਣਾ—ਸਰੂਪ। ਘਰਿ ਆਵੈ—(ਉਹ ਮਨੁੱਖ) ਭਟਕਣਾ ਤੋਂ ਬਚ ਜਾਂਦਾ ਹੈ, ਟਿਕ ਜਾਂਦਾ ਹੈ,। ਘਰਿ—ਘਰ ਵਿਚ। ਊਨਵਿ—ਨਿਊਂ ਕੇ, ਝੁਕ ਕੇ ਨੇੜੇ ਆ ਕੇ। ਨੀਝਰ ਧਾਰਾ—ਝੜੀ ਲਾ ਕੇ, ਇਕ-ਤਾਰ। ਊਤਮ ਸਬਦਿ—ਗੁਰੂ ਦੇ ਸ੍ਰੇਸ਼ਟ ਸ਼ਬਦ ਦੀ ਰਾਹੀਂ। ਸਵਾਰਣਹਾਰਾ—ਜਗਤ ਨੂੰ ਸੋਹਣਾ ਬਨਾਣ ਵਾਲਾ ਪਰਮਾਤਮਾ। ਇਸੁ ਏਕੇ ਕਾ—ਜਗਤ ਨੂੰ ਸਵਾਰਣ ਵਾਲੇ ਇੱਕ ਪ੍ਰਭੂ ਦਾ। ਭੇਉ—(ਇਹ) ਭੇਤ (ਕਿ)। ਆਪੇ—ਆਪ ਹੀ। ਦੇਉ—ਚਾਨਣ ਦੇਣ ਵਾਲਾ।

ਅਰਥ :—(ਹੇ ਪਾਂਡੇ! ਉਸ ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਲਿਖ, ਜੋ) ਸਭ ਤੋਂ ਵ੍ਡਾ ਗੋਪਾਲ ਤਿੰਨ ਭਵਨਾਂ ਵਿਚ ਵਿਆਪਕ ਹੈ, ਧਰਤੀ ਅਤੇ ਅਕਾਸ਼ ਵਿਚ ਜਿਸ ਦੀ ਜੋਤਿ ਦਾ ਪਰਕਾਸ਼ ਹੈ। ਉਹ ਗੋਪਾਲ ਆਪਣੀ ਕਿਰਪਾ ਕਰ ਕੇ (ਗੁਰੂ ਦੀ ਰਾਹੀਂ) ਪਰਗਟ ਹੋ ਕੇ ਜਿਸ ਨੂੰ ਆਪਣਾ (ਸਰਬ-ਵਿਆਪਕ) ਸਰੂਪ ਵਿਖਾਂਦਾ ਹੈ, ਉਹ ਮਨੁੱਖ (ਭਟਕਣਾ ਤੋਂ ਬਚ ਕੇ) ਆਪਣੇ ਆਪ ਵਿਚ ਟਿਕ ਜਾਂਦਾ ਹੈ। ਜਗਤ ਨੂੰ ਸੋਹਣਾ ਬਨਾਣ ਵਾਲਾ ਪ੍ਰਭੂ ਸਤਿਗੁਰੂ ਦੇ ਸ੍ਰੇਸ਼ਟ ਸ਼ਬਦ ਦੀ ਰਾਹੀਂ (ਜਿਸ ਮਨੁੱਖ ਦੇ ਹਿਰਦੇ ਵਿਚ) ਨੇੜੇ ਹੋ ਕੇ (ਆਪਣੀ ਸਿਫ਼ਤਿ-ਸਾਲਾਹ ਦੀ) ਝੜੀ ਲਾ ਕੇ ਵਰ੍ਹਦਾ ਹੈ, ਉਹ ਮਨੁੱਖ (ਜਗਤ ਨੂੰ ਸਵਾਰਣਹਾਰ) ਇਸ ਪ੍ਰਭੂ ਦਾ ਇਹ ਭੇਤ ਜਾਣ ਲੈਂਦਾ ਹੈ ਕਿ ਪ੍ਰਭੂ ਆਪ ਹੀ ਸਾਰੇ ਜਗਤ ਦਾ ਪੈਦਾ ਕਰਨ ਵਾਲਾ ਹੈ ਤੇ ਆਪ ਹੀ (ਆਪ ਜੋਤਿ ਨਾਲ ਇਸ ਨੂੰ) ਚਾਨਣ ਦੇਣ ਵਾਲਾ ਹੈ (ਭਾਵ, ਪ੍ਰਭੂ ਆਪ ਹੀ ਇਸ ਜਗਤ ਨੂੰ ਜੀਵਨ-ਰਾਹ ਸਿਖਾਣ ਵਾਲਾ)ਹੈ। ੮।

ਉਗਵੈ ਸੂਰੁ ਅਸੁਰ, ਸੰਘਾਰੈ ॥ ਊਚਉ ਦੇਖਿ ਸਬਦਿ, ਬੀਚਾਰੈ ॥ ਊਪਰਿ ਆਦਿ ਅੰਤਿ ਤਿਹੁ ਲੋਇ ॥ ਆਪੇ ਕਰੈ ਕਥੈ ਸੁਣੈ ਸੋਇ ॥ ਓਹੁ ਬਿਧਾਤਾ ਮਨੁ ਤਨੁ ਦੇਇ ॥ ਓਹੁ ਬਿਧਾਤਾ ਮਨਿ ਮੁਖਿ ਸੋਇ ॥ ਪ੍ਰਭੁ ਜਗਜੀਵਨੁ ਅਵਰੁ ਨ ਕੋਇ ॥ ਨਾਨਕ ਨਾਮਿ ਰਤੇ ਪਤਿ ਹੋਇ ॥੯॥[੯੩੦]

ਪਦ ਅਰਥ :—ਸੂਰੁ—ਸੂਰਜ, ਚਾਨਣ, ਪ੍ਰਕਾਸ਼, ਗੁਰੂ ਦੇ ਗਿਆਨ ਦੀ ਰੌਸ਼ਨੀ। ਅਸੁਰ—ਦੈਂਤ, ਕਾਮਾਦਿਕ ਵਿਕਾਰ। ਸੰਘਾਰੈ—ਮਾਰ ਮੁਕਾਂਦਾ ਹੈ। ਊਚਉ—ਸਭ ਤੋਂ ਉੱਚੇ ਹਰੀ ਨੂੰ। ਸਬਦਿ—ਗੁਰੂ ਦੇ ਸ਼ਬਦ ਦੀ ਰਾਹੀਂ। ਆਦਿ ਅੰਤਿ—ਸ਼ੁਰੂ ਤੋਂ ਅੰਤ ਤਕ, ਜਦ ਤਕ ਦੁਨੀਆ ਕਾਇਮ ਹੈ। ਤਿਹੁ ਲੋਇ—ਤਿੰਨਾਂ ਲੋਕਾਂ ਵਿਚ, ਸਾਰੇ ਸੰਸਾਰ ਵਿਚ। ਆਪੇ—ਆਪ ਹੀ। ਸੋਇ—ਉਹ ਪਰਮਾਤਮਾ ਹੀ। ਬਿਧਾਤਾ—ਪੈਦਾ ਕਰਨ ਵਾਲਾ ਪ੍ਰਭੂ। ਦੇਇ—ਦੇਂਦਾ ਹੈ। ਮਨਿ—ਮਨ ਵਿਚ [ਨੋਟ ! 'ਮਨੁ' ਅਤੇ 'ਮਨਿ' ਦਾ ਫ਼ਰਕ ਚੇਤੇ ਰੱਖਣਾ। 'ਮਨੁ ਦੇਇ'—ਇਥੇ ਲਫ਼ਜ਼ 'ਮਨੁ' ਕਰਮ ਕਾਰਕ ਹੈ ਤੇ ਕ੍ਰਿਆ 'ਦੇਇ' ਦਾ ਕਰਮ ਹੈ]।ਮੁਖਿ—ਮੂੰਹ ਵਿਚ।ਮਨਿ ਮੁਖਿ ਸੋਇ—ਉਹ ਪ੍ਰਭੂ ਹੀ ਜੀਵਾਂ ਦੇ ਮਨ ਵਿਚ ਵੱਸਦਾ ਹੈ ਤੇ ਮੂੰਹ ਵਿਚ ਵੱਸਦਾ ਹੈ, ਹਰੇਕ ਦੇ ਅੰਦਰ ਬੈਠ ਕੇ ਉਹ ਆਪ ਹੀ ਬੋਲਦਾ ਹੈ। ਜਗ

ਜੀਵਨੁ—ਜਗਤ ਦਾ ਜੀਵਨ, ਜਗਤ ਦਾ ਆਸਰਾ। ਨਾਮਿ—ਨਾਮ ਵਿਚ।

ਅਰਥ:—(ਜਿਸ ਮਨੁੱਖ ਦੇ ਅੰਦਰ ਸਤਿਗੁਰੂ ਦੇ ਬਖ਼ਸ਼ੇ ਹੋਏ ਗਿਆਨ ਦੀ) ਰੌਸ਼ਨੀ ਪੈਦਾ ਹੁੰਦੀ ਹੈ ਉਹ (ਆਪਣੇ ਅੰਦਰੋਂ) ਕਾਮਦਿਕ ਵਿਕਾਰਾਂ ਨੂੰ ਮਾਰ ਮੁਕਾਂਦਾ ਹੈ। ਸਤਿਗੁਰੂ ਦੇ ਸ਼ਬਦ ਦੀ ਬਰਕਤਿ ਨਾਲ ਪਰਮ ਪੁਰਖ ਦਾ ਦੀਦਾਰ ਕਰ ਕੇ (ਉਹ ਮਨੁੱਖ ਫਿਰ ਇਉਂ) ਸੋਚਦਾ ਹੈ (ਕਿ) ਜਦ ਤਕ ਸ੍ਰਿਸ਼ਟੀ ਕਾਇਮ ਹੈ ਉਹ ਪਰਮਾਤਮਾ ਸਾਰੇ ਜਗਤ ਵਿਚ (ਹਰੇਕ ਦੇ ਸਿਰ) ਉਤੇ ਆਪ (ਰਾਖਾ) ਹੈ, ਉਹ ਆਪ ਹੀ (ਸਭ ਜੀਵਾਂ ਵਿਚ ਵਿਆਪਕ ਹੋ ਕੇ) ਕਿਰਤ-ਕੰਮ ਕਰਦਾ ਹੈ ਬੋਲਦਾ ਹੈ ਤੇ ਸੁਣਦਾ ਹੈ, ਉਹ ਸਿਰਜਣਹਾਰ (ਸਭ ਜੀਆਂ) ਨੂੰ ਜਿੰਦ ਤੇ ਸਰੀਰ ਦੇਂਦਾ ਹੈ, ਸਭ ਜੀਆਂ ਦੇ ਅੰਦਰ ਬੈਠ ਕੇ ਉਹ ਆਪ ਹੀ ਬੋਲਦਾ ਹੈ, ਤੇ, ਪਰਮਾਤਮਾ (ਹੀ) ਜਗਤ ਦਾ ਆਸਰਾ ਹੈ, (ਉਸ ਤੋਂ ਬਿਨਾ) ਕੋਈ ਹੋਰ (ਆਸਰਾ) ਨਹੀਂ ਹੈ।

ਹੇ ਨਾਨਕ ! (ਉਸ) ਪਰਮਾਤਮਾ ਦੇ ਨਾਮ ਵਿਚ ਰੰਗੀਜ ਕੇ (ਹੀ) ਆਦਰ—ਸਤਕਾਰ ਮਿਲਦਾ ਹੈ। ੯।

ਰਾਜਨ ਰਾਮ ਰਵੈ ਹਿਤ ਕਾਰਿ ॥ ਰਣ ਮਹਿ ਲੂਝੈ ਮਨੂਆ ਮਾਰਿ ॥ ਰਾਤਿ ਦਿਨੰਤਿ ਰਹੈ ਰੰਗਿ ਰਾਤਾ॥ਤੀਨਿ ਭਵਨ ਜੁਗ ਚਾਰੇ ਜਾਤਾ ॥ ਜਿਨਿ ਜਾਤਾ ਸੋ ਤਿਸ ਹੀ ਜੇਹਾ ॥ ਅਤਿ ਨਿਰਮਾਇਲੁ ਸੀਝਸਿ ਦੇਹਾ ॥ ਰਹਸੀ ਰਾਮੁ ਰਿਦੈ ਇਕ ਭਾਇ ॥ ਅੰਤਰਿ ਸਬਦੁ ਸਾਚਿ ਲਿਵ ਲਾਇ ॥ ੧੦ ॥

[ਪੰਨਾ ੯੩੧]

ਪਦ ਅਰਥ :—ਹਿਤ ਕਾਰਿ—ਹਿਤ ਕਰਿ, ਪ੍ਰੇਮ ਕਰ ਕੇ, ਪਿਆਰ ਨਾਲ। ਰਾਜਨ—ਪ੍ਰਕਾਸ਼—ਸਰੂਪ। ਰਵੈ—ਸਿਮਰਦਾ ਹੈ। ਰਣ—ਜਗਤ-ਅਖਾੜਾ। ਮਨੂਆ—ਕੋਝਾ ਮਨ। ਲੂਝੈ—ਲੜਦਾ ਹੈ। ਰੰਗਿ—(ਪਰਮਾਤਮਾ ਦੇ) ਰੰਗ ਵਿਚ, ਪ੍ਰੇਮ ਵਿਚ। ਰਾਤਾ—ਰੰਗਿਆ ਹੋਇਆ। ਜੁਗ ਚਾਰੇ—ਚਹੁਆਂ ਜੁਗਾਂ ਵਿਚ ਮੌਜੂਦ, ਸਦਾ ਥਿਰ ਰਹਿਣ ਵਾਲੇ ਨੂੰ। ਜਾਤਾ—ਪਛਾਣ ਲੈਂਦਾ ਹੈ, ਸਾਂਝ ਪਾ ਲੈਂਦਾ ਹੈ। ਜਿਨਿ—ਜਿਸ ਮਨੁੱਖ ਨੇ। ਨਿਰਮਾਇਲੁ—ਨਿਰਮਲ, ਪਵਿੱਤਰ। ਦੇਹਾ—ਸਰੀਰ। ਸੀਝਸਿ—ਸਫਲ ਹੋ ਜਾਂਦਾ ਹੈ। ਰਹਸੀ—ਰਹਸ ਵਾਲਾ, ਆਨੰਦ-ਸਰੂਪ-[ਰਹਸ—ਅਨੰਦ]। ਇਕ ਭਾਇ—ਇਕ-ਰਸ, ਲਗਾਤਾਰ, ਸਦਾ। ਸਾਚਿ—ਸਾਚ, ਸਦਾ-ਥਿਰ-ਪ੍ਰਭੂ ਵਿਚ। ਲਿਵ ਲਾਇ—ਸੁਰਤਿ ਜੋੜ ਕੇ।

ਅਰਥ :—(ਜੋ ਮਨੁੱਖ) ਪ੍ਰਕਾਸ਼-ਸਰੂਪ ਪਰਮਾਤਮਾ ਨੂੰ ਪ੍ਰੇਮ ਨਾਲ ਸਿਮਰਦਾ ਹੈ, ਉਹ ਆਪਣੇ ਕੋਝੇ ਮਨ ਨੂੰ ਵੱਸ ਵਿਚ ਲਿਆ ਕੇ ਇਸ ਜਗਤ-ਅਖਾੜੇ ਵਿਚ (ਕਾਮਾਦਿਕ ਵੈਰੀਆਂ ਨਾਲ) ਲੜਦਾ ਹੈ, ਉਹ ਮਨੁੱਖ ਦਿਨੇ ਰਾਤ ਪਰਮਾਤਮਾ ਦੇ ਪਿਆਰ ਵਿਚ ਰੰਗਿਆ ਰਹਿੰਦਾ ਹੈ, ਤਿੰਨ ਭਵਨਾਂ ਵਿਚ ਵਿਆਪਕ ਤੇ ਸਦਾ ਥਿਰ ਰਹਿਣ ਵਾਲੇ

ਪਰਮਾਤਮਾ ਨਾਲ ਉਹ ਮਨੁੱਖ (ਪੱਕੀ) ਜਾਣ-ਪਛਾਣ ਪਾ ਲੈਂਦਾ ਹੈ।

ਜਿਸ ਮਨੁੱਖ ਨੇ ਪਰਮਾਤਮਾ ਨਾਲ ਜਾਣ-ਪਛਾਣ ਪਾ ਲਈ, ਉਹ ਉਸ ਵਰਗਾ ਹੀ ਹੋ ਗਿਆ (ਭਾਵ, ਉਹ ਮਾਇਆ ਦੀ ਮਾਰ ਤੋਂ ਉਤਾਂਹ ਹੋ ਗਿਆ), ਉਸ ਦਾ ਆਤਮਾ ਬੜਾ ਹੀ ਪਵਿਤ੍ਰ ਹੋ ਜਾਂਦਾ ਹੈ, ਤੇ ਉਸ ਦਾ ਸਰੀਰ ਭੀ ਸਫਲ ਹੋ ਜਾਂਦਾ ਹੈ, ਆਨੰਦ-ਸਰੂਪ ਪਰਮਾਤਮਾ ਸਦਾ ਉਸ ਦੇ ਹਿਰਦੇ ਵਿਚ ਟਿਕਿਆ ਰਹਿੰਦਾ ਹੈ, ਉਸ ਦੇ ਮਨ ਵਿਚ ਸਤਿਗੁਰੂ ਦਾ ਸ਼ਬਦ ਵੱਸਦਾ ਹੈ ਤੇ ਉਹ ਮਨੁੱਖ ਸਦਾ-ਥਿਰ ਪ੍ਰਭੂ ਵਿਚ ਸੁਰਤਿ ਜੋੜੀ ਰੱਖਦਾ ਹੈ। ੧੦।

ਰੋਸੁ ਨ ਕੀਜੈ, ਅੰਮ੍ਰਿਤੁ ਪੀਜੈ, ਰਹਣੁ ਨਹੀ ਸੰਸਾਰੇ ॥ ਰਾਜੇ ਰਾਇ ਰੰਕ ਨਹੀ ਰਹਣਾ, ਆਇ ਜਾਇ ਜੁਗ ਚਾਰੇ ॥ ਰਹਣ ਕਹਣ ਤੇ ਰਹੈ ਨ ਕੋਈ, ਕਿਸੁ ਪਹਿ ਕਰਉ ਬਿਨੰਤੀ ॥ ਏਕੁ ਸਬਦੁ ਰਾਮ ਨਾਮ ਨਿਰੋਧਰੁ ਗੁਰੁ ਦੇਵੈ ਪਤਿ ਮਤੀ ॥੧੧॥ [ਪੰਨਾ ੯੩੧]

ਪਦ ਅਰਥ :—ਰੋਸੁ—ਰੁਸੇਵਾਂ, ਰੋਸਾ, ਅਜੋੜ। ਕੀਜੈ—ਕਰਨਾ ਚਾਹੀਦਾ। ਰਹਣੁ—ਰਿਹੈਸ਼, ਵਸੇਬਾ। ਸੰਸਾਰੇ—ਸੰਸਾਰ ਵਿਚ। ਰਾਇ—ਅਮੀਰ। ਰੰਕ—ਕੰਗਾਲ। ਆਇ ਜਾਇ—ਜੋ ਆਇਆ ਹੈ ਉਸ ਨੇ ਚਲੇ ਜਾਣਾ ਹੈ, ਜੋ ਜੰਮਿਆ ਹੈ ਉਸ ਨੇ ਮਰਨਾ ਹੈ। ਜੁਗ ਚਾਰੇ—(ਇਹ ਕੁਦਰਤੀ ਨਿਯਮ) ਚਹੁ ਜੁਗਾਂ ਵਿਚ ਹੀ (ਚਲਿਆ ਆ ਰਿਹਾ ਹੈ)। ਕਹਣ ਤੇ—ਕਹਿਣਾ ਨਾਲ, ਆਖਣ ਨਾਲ। ਰਹਣ ਕਹਣ ਤੇ—ਇਹ ਆਖਣ ਨਾਲ ਕਿ ਮੈਂ ਜਗਤ ਵਿਚ ਹੀ ਰਹਿਣਾ ਹੈ, ਮਰਨ ਤੋਂ ਬਚਣ ਲਈ ਤਰਲੇ ਲੈਣ ਨਾਲ। ਕਿਸੁ ਪਹਿ —ਕਿਸ ਦੇ ਪਾਸ ? ਬਿਨੰਤੀ—ਤਰਲਾ। ਕਿਸ ਪਹਿ ਕਰਉ ਬਿਨੰਤੀ—ਕਿਸ ਦੇ ਪਾਸ ਮੈਂ ਤਰਲਾ ਕਰਾਂ ? (ਇਥੇ ਜਗਤ ਵਿਚ ਸਦਾ ਟਿਕੇ ਰਹਿਣ ਲਈ) ਕਿਸੇ ਅੱਗੇ ਤਰਲੇ ਲੈਣੇ ਵਿਅਰਥ ਹਨ। ਨਿਰੋਧਰੁ—[ਸੰ: ਨਿਰੁਧ—ਵਿਕਾਰਾਂ ਤੋਂ ਬਚਾ ਰੱਖਣਾ] ਵਿਕਾਰਾਂ ਤੋਂ ਬਚਾ ਰੱਖਣ ਵਾਲਾ। ਪਤਿ ਮਤੀ—ਪਤੀ-ਪਰਮਾਤਮਾ ਨਾਲ ਮਿਲਣ ਵਾਲੀ ਮਤਿ।

ਅਰਥ :—(ਹੇ ਪਾਂਡੇ ! ਗੁਰੂ ਦੇ ਸਨਮੁਖ ਹੋ ਕੇ ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਲਿਖ, ਉਸ ਗੋਪਾਲ ਨਾਲ) ਰੁਸੇਵਾਂ ਹੀ ਨਾਂਹ ਕਰੀ ਰੱਖੋ, ਉਸ ਦਾ ਨਾਮ-ਅੰਮ੍ਰਿਤ ਪੀਉ। ਇਸ ਸੰਸਾਰ ਵਿਚ ਸਦਾ ਦਾ ਵਸੇਬਾ ਨਹੀਂ ਹੈ। ਰਾਜੇ ਹੋਣ, ਅਮੀਰ ਹੋਣ, ਚਾਹੇ ਕੰਗਾਲ ਹੋਣ, ਕੋਈ ਭੀ ਇਥੇ ਸਦਾ ਨਹੀਂ ਰਹਿ ਸਕਦਾ। ਜੋ ਜੰਮਿਆ ਹੈ ਉਸ ਨੇ ਮਰਨਾ ਹੈ, (ਇਹ ਨਿਯਮ) ਸਦਾ ਲਈ (ਅਟੱਲ) ਹੈ। ਇਥੇ ਸਦਾ ਟਿਕੇ ਰਹਿਣ ਲਈ ਤਰਲੇ ਕਰਨ ਨਾਲ ਭੀ ਕੋਈ ਸਦਾ ਟਿਕਿਆ ਰਹਿ ਨਹੀਂ ਸਕਦਾ, ਇਸ ਗੱਲ ਵਾਸਤੇ ਕਿਸੇ ਅੱਗੇ ਤਰਲੇ ਲੈਣੇ ਵਿਅਰਥ ਹਨ।

(ਹਾਂ, ਹੇ ਪਾਂਡੇ ! ਗੁਰੂ ਦੀ ਸਰਨ ਆਓ) ਸਤਿਗੁਰੂ ਪਰਮਾਤਮਾ ਦੇ ਨਾਮ ਦੀ

ਵਡਿਆਈ ਦਾ ਸ਼ਬਦ ਬਖ਼ਸ਼ਦਾ ਹੈ ਜੋ ਵਿਕਾਰਾਂ ਤੋਂ ਬਚਾ ਲੈਂਦਾ ਹੈ, ਤੇ, ਸਤਿਗੁਰੂ ਪ੍ਰਭੂ-ਪਤੀ ਨਾਲ ਮਿਲਣ ਦੀ ਅਕਲ ਦੇਂਦਾ ਹੈ। ੧੧।

ਨੋਟ ! ਪਉੜੀ ਨੰ: ੧੦ ਅਤੇ ੧੧ ਦੋਵੇਂ 'ਰ' ਅੱਖਰ ਨਾਲ ਸ਼ੁਰੂ ਹੁੰਦੀਆਂ ਹਨ। ਇਥੇ ਸੰਸਕ੍ਰਿਤ ਦੇ ਸ੍ਵਰ-ਅੱਖਰ 'ਰਿ' ਅਤੇ 'ਰੀ' ਲਏ ਗਏ ਹਨ।

ਨੋਟ ! ਰਾਜੇ ਤੇ ਕੰਗਾਲ ਨੂੰ ਮੌਤ ਦੇ ਸਾਹਮਣੇ ਇਕੋ ਜਿਹਾ ਬੇ-ਵੱਸ ਦੱਸ ਕੇ ਸਤਿਗੁਰੂ ਜੀ ਗ਼ਰੀਬ ਦੇ ਮਨ ਉਤੋਂ ਧਨੀ ਦਾ ਦਾਬਾ ਉਤਾਰਦੇ ਹਨ।

ਲਾਜ ਮਰੰਤੀ ਮਰਿ ਗਈ ਘੂਘਟੁ ਖੋਲਿ ਚਲੀ ॥ ਸਾਸੁ ਦਿਵਾਨੀ ਬਾਵਰੀ ਸਿਰ ਤੇ ਸੰਕ ਟਲੀ ॥ ਪ੍ਰੇਮਿ ਬੁਲਾਈ ਰਲੀ ਸਿਉ ਮਨ ਮਹਿ ਸਬਦੁ ਅਨੰਦੁ ॥ ਲਾਲਿ ਰਤੀ ਲਾਲੀ ਭਈ ਗੁਰਮੁਖਿ ਭਈ ਨਿਚਿੰਦੁ॥ ੧੨ ॥ [੯੩੧]

ਪਦ ਅਰਥ :—ਲਾਜ—ਨੱਕ-ਨਮੂਜ। ਲਾਜ ਮਰੰਤੀ—ਲੋਕ-ਲਾਜ ਵਿਚ ਮਰਨ ਵਾਲੀ, ਹਰ ਵੇਲੇ ਦੁਨੀਆ ਵਿਚ ਨੱਕ-ਨਮੂਜ ਦਾ ਖ਼ਿਆਲ ਰੱਖਣ ਵਾਲੀ (ਅਕਲ)। ਮਰਿ ਗਈ—ਮੁੱਕ ਜਾਂਦੀ ਹੈ। ਘੂਘਟੁ ਖੋਲਿ—ਘੁੰਡ ਲਾਹ ਕੇ, ਨੱਕ ਨਮੂਜ ਵਾਲਾ ਘੁੰਡ ਲਾਹ ਕੇ। ਚਲੀ—ਤੁਰਦੀ ਹੈ। ਸਾਸੁ—ਸੱਸ, ਮਾਇਆ। ਬਾਵਰੀ—ਕਮਲੀ। ਸਿਰ ਤੇ—ਸਿਰ ਤੋਂ। ਸੰਕ—ਸ਼ੰਕਾ, ਸਹਸਾ, ਸਹਿਮ। ਟਲੀ—ਟਲ ਜਾਂਦਾ ਹੈ, ਹਟ ਜਾਂਦਾ ਹੈ। ਪ੍ਰੇਮਿ—ਪਿਆਰ ਨਾਲ। ਰਲੀ ਸਿਉ—ਚਾਉ ਨਾਲ। ਬੁਲਾਈ—ਸੱਦੀ ਜਾਂਦੀ ਹੈ, ਪਤੀ-ਪ੍ਰਭੂ ਸੱਦਦਾ ਹੈ। ਲਾਲਿ—ਲਾਲ ਵਿਚ, ਪ੍ਰੀਤਮ-ਪਤੀ ਵਿਚ। ਰਤੀ—ਰੰਗੀ ਹੋਈ। ਲਾਲੀ ਭਈ—(ਮੂੰਹ ਉਤੇ) ਲਾਲੀ ਚੜ੍ਹ ਆਉਂਦੀ ਹੈ। ਗੁਰਮੁਖਿ—ਉਹ ਜੀਵ-ਇਸਤ੍ਰੀ ਜੋ ਗੁਰੂ ਦੀ ਸਰਨ ਆਉਂਦੀ ਹੈ। ਨਿਚਿੰਦੁ—ਚਿੰਤਾ-ਰਹਿਤ।

ਅਰਥ :—(ਹੇ ਪਾਂਡੇ !) ਜੋ ਜੀਵ-ਇਸਤ੍ਰੀ ਗੁਰੂ ਦੀ ਸਰਨ ਆਉਂਦੀ ਹੈ ਉਸ ਨੂੰ ਦੁਨੀਆ ਵਾਲੀ ਕੋਈ ਚਿੰਤਾ ਪੋਹ ਨਹੀਂ ਸਕਦੀ, ਪ੍ਰੀਤਮ-ਪਤੀ (ਦੇ ਪ੍ਰੇਮ) ਵਿਚ ਰੰਗੀ ਹੋਈ ਦੇ ਮੂੰਹ ਉਤੇ ਲਾਲੀ ਭਖ ਆਉਂਦੀ ਹੈ। ਉਸ ਨੂੰ ਪ੍ਰਭੂ-ਪਤੀ ਪਿਆਰ ਤੇ ਚਾਉ ਨਾਲ ਸੱਦਦਾ ਹੈ (ਭਾਵ, ਆਪਣੀ ਯਾਦ ਦੀ ਖਿੱਚ ਬਖ਼ਸ਼ਦਾ ਹੈ), ਉਸ ਦੇ ਮਨ ਵਿਚ(ਸਤਿਗੁਰੂ ਦਾ) ਸ਼ਬਦ (ਆ ਵੱਸਦਾ ਹੈ, ਉਸ ਦੇ ਮਨ ਵਿਚ) ਆਨੰਦ (ਟਿਕਿਆ ਰਹਿੰਦਾ) ਹੈ। (ਗੁਰੂ ਦੀ ਸਰਨ ਪੈ ਕੇ) ਦੁਨੀਆ ਦੇ ਨੱਕ-ਨਮੂਜ ਦਾ ਸਦਾ ਧਿਆਨ ਰੱਖਣ ਵਾਲੀ(ਉਸ ਦੀ ਪਹਿਲੀ ਅਕਲ) ਮੁੱਕ ਜਾਂਦੀ ਹੈ, ਹੁਣ ਉਹ ਲੋਕ-ਲਾਜ ਦਾ ਘੁੰਡ ਲਾਹ ਕੇ ਤੁਰਦੀ ਹੈ; (ਜਿਸ ਮਾਇਆ ਨੇ ਉਸ ਨੂੰ ਪਤੀ-ਪ੍ਰਭੂ ਵਿਚ ਜੁੜਨ ਤੋਂ ਰੋਕਿਆ ਹੋਇਆ ਸੀ,ਉਸ) ਝੱਲੀ ਕਮਲੀ ਮਾਇਆ ਦਾ ਸਹਿਮ ਉਸ ਦੇ ਸਿਰ ਤੋਂ ਹਟ ਜਾਂਦਾ ਹੈ। ੧੨।

ਲਾਹਾ ਨਾਮੁ ਰਤਨੁ ਜਪਿ ਸਾਰੁ ॥ ਲਬੁ ਲੋਭੁ ਬੁਰਾ ਅਹੰਕਾਰੁ॥ਲਾੜੀ

ਚਾੜੀ ਲਾਇਤਬਾਰੁ ॥ ਮਨਮੁਖੁ ਅੰਧਾ ਮੁਗਧੁ ਗਵਾਰੁ ॥ ਲਾਹੇ ਕਾਰਣਿ ਆਇਆ ਜਗਿ ॥ ਹੋਇ ਮਜੂਰੁ, ਗਇਆ ਠਗਾਇ ਠਗਿ ॥ ਲਾਹਾ ਨਾਮੁ ਪੂੰਜੀ ਵੇਸਾਹੁ ॥ ਨਾਨਕ ਸਚੀ ਪਤਿ ਸਚਾ ਪਾਤਿਸਾਹੁ ॥ ੧੩ ॥ [੯੩੧]

ਪਦ ਅਰਥ :–ਜਪਿ–(ਹੇ ਪਾਂਡੇ !) ਯਾਦ ਕਰ । ਲਾਹਾ–ਲਾਭ, ਖੱਟੀ । ਨਾਮੁ ਰਤਨੁ–ਪਰਮਾਤਮਾ ਦਾ ਨਾਮ ਜੋ ਦੁਨੀਆ ਦੇ ਸਾਰੇ ਪਦਾਰਥਾਂ ਨਾਲੋਂ ਕੀਮਤੀ ਹੈ । ਸਾਰੁ–ਸਾਰ ਨਾਮ, ਸ੍ਰੇਸ਼ਟ ਨਾਮ । ਬੁਰਾ–ਭੈੜਾ, ਚੰਦਰਾ । ਲਾੜੀ ਚਾੜੀ–ਲਹਾ ਦੀ ਗੱਲ ਤੇ ਚੜ੍ਹਾਅ ਦੀ ਗੱਲ, ਨਿੰਦਿਆ ਤੇ ਖ਼ੁਸ਼ਾਮਦ । ਲਾਇਤਬਾਰ–ਲਾ-ਇਤਬਾਰੁ, ਉਹ ਢੰਗ ਜਿਸ ਨਾਲ ਕਿਸੇ ਦਾ ਇਤਬਾਰ ਗਵਾਇਆ ਜਾ ਸਕੇ, ਚੁਗ਼ਲੀ । ਮਨ ਮੁਖੁ–ਉਹ ਬੰਦਾ ਜਿਸ ਦਾ ਰੁਖ਼ ਆਪਣੇ ਮਨ ਵਲ ਹੈ, ਆਪ-ਹੁਦਰਾ ਬੰਦਾ । ਮੁਗਧੁ–ਮੂਰਖ । ਕਾਰਣਿ–ਵਾਸਤੇ । ਜਗਿ–ਜਗ ਵਿਚ । ਹੋਇ–ਬਣ ਕੇ । ਗਇਆ ਠਗਾਇ–ਠਗਾ ਕੇ ਗਿਆ, ਬਾਜੀ ਹਾਰ ਕੇ ਗਿਆ । ਠਗਿ–ਠੱਗ ਦੀ ਰਾਹੀਂ, ਮੋਹ ਦੀ ਰਾਹੀਂ । ਵੇਸਾਹੁ–ਸਰਧਾ । ਸਚੀ–ਸਦਾ ਟਿਕੀ ਰਹਿਣ ਵਾਲੀ । ਪਤਿ–ਇੱਜ਼ਤ ।

ਅਰਥ :–(ਹੇ ਪਾਂਡੇ ! ਪਰਮਾਤਮਾ ਦਾ) ਸ੍ਰੇਸ਼ਟ ਨਾਮ ਜਪ, ਸ੍ਰੇਸ਼ਟ ਨਾਮ ਹੀ ਅਸਲ ਖੱਟੀ-ਕਮਾਈ ਹੈ । ਜੀਭ ਦਾ ਚਸਕਾ,ਮਾਇਆ ਦਾ ਲਾਲਚ,ਅਹੰਕਾਰ, ਨਿੰਦਿਆ, ਖ਼ੁਸ਼ਾਮਦ, ਚੁਗ਼ਲੀ–ਇਹ ਹਰੇਕ ਕੰਮ ਮਾੜਾ ਹੈ । ਜੋ ਮਨੁੱਖ (ਪਰਮਾਤਮਾ ਦਾ ਸਿਮਰਨ ਛੱਡ ਕੇ) ਆਪਣੇ ਮਨ ਦੇ ਪਿੱਛੇ ਤੁਰਦਾ ਹੈ(ਤੇ ਲਬ ਲੋਭ ਆਦਿਕ ਕਰਦਾ ਹੈ) ਉਹ ਮੂਰਖ ਮੂੜ੍ਹ, ਤੇ ਅੰਨ੍ਹਾ ਹੈ (ਭਾਵ, ਉਸ ਨੂੰ ਜੀਵਨ ਦਾ ਸ਼ਹੀ ਰਾਹ ਨਹੀਂ ਦਿੱਸਦਾ) ।

ਜੀਵ ਜਗਤ ਵਿਚ ਕੁਝ ਖੱਟਣ ਦੀ ਖ਼ਾਤਰ ਆਉਂਦਾ ਹੈ, ਪਰ (ਮਾਇਆ ਦਾ) ਗੋੱਲਾ ਬਣ ਕੇ ਮੋਹ ਦੇ ਹੱਥੋਂ ਜੀਵਨ-ਖੇਡ ਹਾਰ ਕੇ ਜਾਂਦਾ ਹੈ । ਹੇ ਨਾਨਕ ! ਜੋ ਮਨੁੱਖ ਸਰਧਾ ਨੂੰ ਰਾਸ-ਪੂੰਜੀ ਬਣਾਂਦਾ ਹੈ ਤੇ (ਇਸ ਪੂੰਜੀ ਦੀ ਰਾਹੀਂ) ਪਰਮਾਤਮਾ ਦਾ ਨਾਮ ਖੱਟਦਾ-ਕਮਾਂਦਾ ਹੈ, ਉਸ ਨੂੰ ਸਦਾ-ਥਿਰ ਪਾਤਿਸ਼ਾਹ ਸਦਾ ਟਿਕੀ ਰਹਿਣ ਵਾਲੀ ਇੱਜ਼ਤ ਬਖ਼ਸ਼ਦਾ ਹੈ । ੧੩ ।

ਨੋਟ ! ਪਉੜੀ ਨੰ: ੧੨ ਅਤੇ ੧੩ 'ਲ' ਅੱਖਰ ਨਾਲ ਸ਼ੁਰੂ ਹੁੰਦੀਆਂ ਹਨ । ਇਹ ਅੱਖ਼ਰ ਸੰਸਕ੍ਰਿਤ ਦੇ ਅੱਖਰ 'ਲ੍ਰਿ' ਅਤੇ 'ਲ੍ਰੀ' ਹਨ । ਇਸ ਅੱਖਰ 'ਸ੍ਵਰ' ਹੀ ਗਿਣੇ ਜਾਂਦੇ ਹਨ ।

ਆਇ ਵਿਗੂਤਾ ਜਗੁ ਜਮ ਪੰਥੁ ॥ ਆਈ ਨ ਮੇਟਣ ਕੋ ਸਮਰਥੁ ॥ ਆਥਿ ਸੈਲ ਨੀਚ ਘਰਿ ਹੋਇ ॥ ਆਥਿ ਦੇਖਿ ਨਿਵੈ ਜਿਸੁ ਦੋਇ ॥ ਆਥਿ ਹੋਇ ਤਾ ਮੁਗਧੁ ਸਿਆਨਾ ॥ ਭਗਤਿ ਬਿਹੂਨਾ ਜਗੁ ਬਉਰਾਨਾ ॥ ਸਭ ਮਹਿ ਵਰਤੈ ਏਕੋ ਸੋਇ ॥ ਜਿਸ ਨੋ ਕਿਰਪਾ ਕਰੇ ਤਿਸੁ ਪਰਗਟੁ ਹੋਇ ॥ ੧੪ ॥ [ਪੰਨਾ ੯੩੧]

ਪਦ ਅਰਥ :–ਆਇ–ਆ ਕੇ, ਜਨਮ ਲੈ ਕੇ। ਵਿਗੂਤਾ–ਖ਼ੁਆਰ ਹੁੰਦਾ ਹੈ। ਜਗੁ –ਜਗਤ (ਭਾਵ, ਜੀਵ)। ਜਮ ਪੰਥੁ–ਮੌਤ ਦਾ ਰਾਹ, ਆਤਮਕ ਮੌਤ ਦਾ ਰਸਤਾ। ਆਈ –ਮਾਇਆ, ਮਾਇਆ ਦੀ ਤ੍ਰਿਸ਼ਨਾ। ਆਥਿ–ਮਾਇਆ। ਸੈਲ–ਪਹਾੜ। ਆਥਿ ਸੈਲ– ਮਾਲ-ਧਨ ਦੇ ਪਹਾੜ, ਬਹੁਤ ਧਨ [ਜਿਵੇਂ, "ਗਿਰਹਾ ਸੇਤੀ ਮਾਲੁ ਧਨੁ"]। ਨੀਚ– ਚੰਦਰਾ ਮਨੁੱਖ। ਨੀਚ ਘਰਿ–ਚੰਦਰੇ ਬੰਦੇ ਦੇ ਘਰ ਵਿਚ। ਜਿਸੁ ਆਥਿ ਦੇਖਿ–ਤੇ ਉਸ (ਨੀਚ) ਦੀ ਮਾਇਆ ਨੂੰ ਵੇਖ ਕੇ। ਦੋਇ–ਦੋਵੇ (ਭਾਵ, ਅਮੀਰ ਤੇ ਗਰੀਬ)। ਬਉਰਾਨਾ –ਕਮਲਾ, ਝੱਲਾ। ਏਕੋ ਸੋਇ–ਉਹ (ਗੋਪਾਲ) ਆਪ ਹੀ। ਵਰਤੈ–ਮੌਜੂਦ ਹੈ।

ਅਰਥ :–(ਹੇ ਪਾਂਡੇ ! ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਲਿਖ) ਉਹ (ਗੋਪਾਲ) ਆਪ ਹੀ ਸਭ ਜੀਵਾਂ ਵਿਚ ਮੌਜੂਦ ਹੈ, ਪਰ ਇਹ ਸੂਝ ਉਸ ਮਨੁੱਖ ਨੂੰ ਆਉਂਦੀ ਹੈ ਜਿਸ ਉਤੇ (ਗੋਪਾਲ ਆਪ) ਕਿਰਪਾ ਕਰਦਾ ਹੈ।

(ਗੋਪਾਲ ਦੀ) ਭਗਤੀ ਤੋਂ ਬਿਨਾ ਜਗਤ (ਮਾਇਆ ਪਿੱਛੇ) ਝੱਲਾ ਹੋ ਰਿਹਾ ਹੈ। ਜੀਵ (ਸੰਸਾਰ ਵਿਚ) ਜਨਮ ਲੈ ਕੇ (ਗੋਪਾਲ ਦੀ ਭਗਤੀ ਦੇ ਥਾਂ ਮਾਇਆ ਦੀ ਖ਼ਾਤਰ) ਖ਼ੁਆਰ ਹੁੰਦਾ ਹੈ, ਮਾਇਆ ਦੀ ਤ੍ਰਿਸ਼ਨਾ ਨੂੰ ਮਿਟਾਣ-ਜੋਗਾ ਨਹੀਂ ਹੁੰਦਾ ਤੇ ਆਤਮਕ ਮੌਤ ਦਾ ਰਾਹ ਫੜ ਲੈਂਦਾ ਹੈ। (ਜਗਤ ਦਾ ਝੱਲ-ਪੁਣਾ ਵੇਖੋ ਕਿ) ਜੇ ਬਹੁਤੀ ਮਾਇਆ ਕਿਸੇ ਚੰਦਰੇ ਮਨੁੱਖ ਦੇ ਘਰ ਵਿਚ ਹੋਵੇ ਤਾਂ ਉਸ ਦੀ ਮਾਇਆ ਨੂੰ ਵੇਖ ਕੇ (ਗਰੀਬ ਅਮੀਰ) ਦੋਵੇਂ (ਉਸ ਚੰਦਰੇ ਅੱਗੇ ਭੀ) ਲਿਫਦੇ ਹਨ; ਜੇ ਮਾਇਆ (ਪੱਲੇ) ਹੋਵੇ ਤਾਂ ਮੂਰਖ ਬੰਦਾ ਭੀ ਸਿਆਣਾ (ਮੰਨਿਆ ਜਾਂਦਾ) ਹੈ। ੧੪।

ਨੋਟ ! ਗੁਰੂ ਨਾਨਕ ਦੇਵ ਜੀ ਦੇ ਖ਼ਿਆਲ ਅਨੁਸਾਰ ਧਨ-ਦੌਲਤ ਦਾ ਲਾਲਚ ਆਤਮਕ ਮੌਤ ਦਾ ਕਾਰਨ ਬਣਦਾ ਹੈ। ਚੰਦਰੇ ਭੈੜੇ ਮਾਇਆ-ਧਾਰੀ ਦੀ ਖ਼ੁਸ਼ਾਮਦ ਕਰਨਾ ਆਤਮਕ ਮੌਤ ਦੀ ਹੀ ਨਿਸ਼ਾਨੀ ਹੈ।

ਜੁਗਿ ਜੁਗਿ ਥਾਪਿ ਸਦਾ ਨਿਰਵੈਰੁ ॥ ਜਨਮਿ ਮਰਣਿ ਨਹੀ ਧੰਧਾ ਧੈਰੁ ॥ ਜੋ ਦੀਸੈ ਸੋ ਆਪੇ ਆਪਿ ॥ ਆਪਿ ਉਪਾਇ ਆਪੇ ਘਟ ਥਾਪਿ ॥ ਆਪਿ ਅਗੋਚਰੁ ਧੰਧੈ ਲੋਈ ॥ ਜੋਗ ਜੁਗਤਿ ਜਗ ਜੀਵਨੁ ਸੋਈ ॥ ਕਰਿ ਆਚਾਰੁ ਸਚੁ, ਸੁਖੁ ਹੋਈ ॥ ਨਾਮ ਵਿਹੂਣਾ ਮੁਕਤਿ ਕਿਵ ਹੋਈ ॥ ੧੫ ॥

[੯੩੧]

ਪਦ ਅਰਥ :–ਜੁਗਿ–ਜੁਗ ਵਿਚ। ਜੁਗਿ ਜੁਗਿ–ਹਰੇਕ ਜੁਗ ਵਿਚ, ਹਰ ਸਮੇ। ਥਾਪਿ–ਥਾਪ ਕੇ, ਟਿਕਾ ਕੇ, ਪੈਦਾ ਕਰ ਕੇ। ਜਨਮਿ–ਜਨਮ ਵਿਚ। ਮਰਣਿ–ਮਰਨ ਵਿਚ। ਧੈਰੁ–ਭਟਕਣਾ।

ਜਨਮਿ ਮਰਣਿ ਨਹੀ–(ਉਹ ਗੋਪਾਲ) ਜਨਮ ਵਿਚ ਤੇ ਮਰਨ ਵਿਚ ਨਹੀਂ (ਆਉਂਦਾ)। ਉਪਾਇ–ਪੈਦਾ ਕਰ ਕੇ। ਘਟ–ਸਾਰੇ ਸਰੀਰ। ਅਗੋਚਰੁ–[ਅ+ਗੋ+

ਚਰ। ਗੋ–ਗਿਆਨ ਇੰਦ੍ਰੇ। ਚਰ–ਪਹੁੰਚ। ਅ–ਨਹੀਂ] ਜਿਸ ਤਕ ਮਨੁੱਖ ਦੇ ਗਿਆਨ-ਇੰਦ੍ਰਿਆਂ ਦੀ ਪਹੁੰਚ ਨਹੀਂ, ਅਪਹੁੰਚ। ਲੋਈ–ਸ੍ਰਿਸ਼ਟੀ, ਜਗਤ, ਲੋਕ। ਜੋਗ ਜੁਗਤਿ–(ਆਪਣੇ ਨਾਲ) ਮਿਲਣ ਦੀ ਜਾਚ। ਜਗ ਜੀਵਨੁ–ਜਗਤ ਦਾ ਜੀਵਨ ਪਰਮਾਤਮਾ। ਸੋਈ–ਆਪ ਹੀ (ਦੱਸਦਾ ਹੈ)। ਆਚਾਰੁ–(ਚੰਗਾ) ਕਰਤੱਬ। ਸਚੁ–ਪ੍ਰਭੂ(ਦਾ ਸਿਮਰਨ)। ਮੁਕਤਿ–ਧੰਧਿਆਂ ਤੋਂ ਖ਼ਲਾਸੀ। ਕਿਵ ਹੋਈ–ਕਿਵੇਂ ਹੋ ਸਕਦੀ ਹੈ? ਨਹੀਂ ਹੋ ਸਕਦੀ।

ਅਰਥ :–(ਹੇ ਪਾਂਡੇ ! ਉਸ ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਤੇ ਲਿਖ) ਜੋ ਸਦਾ ਹੀ (ਬਹੁ-ਰੰਗੀ ਦੁਨੀਆ) ਪੈਦਾ ਕਰ ਕੇ ਆਪ ਨਿਰਵੈਰ ਰਹਿੰਦਾ ਹੈ, ਜੋ ਜਨਮ ਮਰਨ ਵਿਚ ਨਹੀਂ ਹੈ ਤੇ (ਜਿਸ ਦੇ ਅੰਦਰ ਜਗਤ ਦਾ ਕੋਈ) ਧੰਧਾ ਭਟਕਣਾ ਪੈਦਾ ਨਹੀਂ ਕਰਦਾ। ਉਹ ਗੋਪਾਲ ਆਪ ਹੀ (ਸ੍ਰਿਸ਼ਟੀ) ਪੈਦਾ ਕਰ ਕੇ ਆਪ ਹੀ ਸਾਰੇ ਜੀਵ ਬਣਾਂਦਾ ਹੈ, ਜੋ ਕੁਝ (ਜਗਤ ਵਿਚ) ਦਿੱਸ ਰਿਹਾ ਹੈ ਉਹ ਗੋਪਾਲ ਆਪ ਹੀ ਆਪ ਹੈ (ਭਾਵ, ਉਸ ਗੋਪਾਲ ਦਾ ਹੀ ਸਰੂਪ ਹੈ)।

(ਹੇ ਪਾਂਡੇ !) ਜਗਤ ਭਟਕਣਾ ਵਿਚ (ਫਸਿਆ ਪਿਆ) ਹੈ, ਜਗਤ ਦਾ ਸਹਾਰਾ ਉਹ ਅਪਹੁੰਚ ਗੋਪਾਲ ਆਪ ਹੀ (ਜੀਵ ਨੂੰ ਇਸ ਭਟਕਣਾ ਵਿਚੋਂ ਕੱਢ ਕੇ) ਆਪਣੇ ਨਾਲ ਮਿਲਣ ਦੀ ਜਾਚ ਸਿਖਾਂਦਾ ਹੈ।

(ਹੇ ਪਾਂਡੇ !) ਉਸ ਸਦਾ-ਥਿਰ (ਗੋਪਾਲ ਦੀ ਯਾਦ) ਨੂੰ ਆਪਣਾ ਕਰਤੱਬ ਬਣਾ, ਤਦੋਂ ਹੀ ਸੁਖ ਮਿਲਦਾ ਹੈ। ਉਸ ਦੇ ਨਾਮ ਤੋਂ ਵਾਂਜੇ ਰਹਿ ਕੇ ਧੰਧਿਆਂ ਤੋਂ ਖ਼ਲਾਸੀ ਨਹੀਂ ਹੋ ਸਕਦੀ। ੧੫।

ਵਿਣੁ ਨਾਵੈ ਵੇਰੋਧੁ ਸਰੀਰ ॥ ਕਿਉ ਨ ਮਿਲਹਿ ਕਾਟਹਿ ਮਨ ਪੀਰ ॥ ਵਾਟ ਵਟਾਊ ਆਵੈ ਜਾਇ ॥ ਕਿਆ ਲੇ ਆਇਆ ਕਿਆ ਪਲੈ ਪਾਇ ॥ ਵਿਣੁ ਨਾਵੈ ਤੋਟਾ ਸਭ ਥਾਇ ॥ ਲਾਹਾ ਮਿਲੈ ਜਾ ਦੇਇ ਬੁਝਾਇ ॥ ਵਣਜੁ ਵਾਪਾਰੁ ਵਣਜੇ ਵਾਪਾਰੀ ॥ ਵਿਣੁ ਨਾਵੈ ਕੈਸੀ ਪਤਿ ਸਾਰੀ ॥੧੬॥[੯੩੧]

ਪਦ ਅਰਥ :– ਵੇਰੋਧ ਸਰੀਰ–ਸਰੀਰ ਦਾ ਵਿਰੋਧ, ਗਿਆਨ-ਇੰਦ੍ਰਿਆਂ ਦਾ ਆਤਮਕ ਜੀਵਨ ਨਾਲ ਵਿਰੋਧ (ਭਾਵ, ਅੱਖਾਂ ਕੰਨ ਜੀਭ ਆਦਿਕ ਇੰਦ੍ਰੇ ਪਰ ਤਨ ਪਰਾਈ ਨਿੰਦਾ ਆਦਿਕ ਵਲ ਪੈ ਕੇ ਆਤਮਕ ਜੀਵਨ ਨੂੰ ਡੇਗਦੇ ਹਨ)। ਕਿਉ ਨ ਮਿਲਹਿ–(ਹੇ ਪਾਂਡੇ !) ਤੂੰ ਕਿਉਂ (ਗੋਪਾਲ ਨੂੰ) ਨਹੀਂ ਮਿਲਦਾ? ਕਿਉ ਨ ਕਾਟਹਿ–(ਹੇ ਪਾਂਡੇ !) ਤੂੰ ਕਿਉਂ ਦੂਰ ਨਹੀਂ ਕਰਦਾ? ਵਟਾਊ–ਰਾਹੀ, ਮੁਸਾਫ਼ਿਰ। ਆਵੈ–ਜਗਤ ਵਿਚ ਆਉਂਦਾ ਹੈ, ਜੰਮਦਾ ਹੈ। ਜਾਇ–ਮਰ ਜਾਂਦਾ ਹੈ। ਕਿਆ ਲੇ ਆਇਆ–ਕੁਝ ਭੀ ਲੈ ਕੇ ਨਹੀਂ ਆਉਂਦਾ। ਕਿਆ ਪਲੈ ਪਾਇ–ਕੁਝ ਭੀ ਨਹੀਂ ਖੱਟਦਾ। ਤੋਟਾ–ਘਾਟਾ।

ਜਾ-ਜੇ । ਦੇਇ ਬੁਝਾਈ-ਪਰਮਾਤਮਾ ਸਮਝ ਬਖ਼ਸ਼ੇ । ਕੈਸੀ ਪਤਿ ਸਾਰੀ-ਕੋਈ ਚੰਗੀ ਇੱਜ਼ਤ ਨਹੀਂ (ਮਿਲਦੀ) । ਪੀਰ-ਪੀੜ, ਰੋਗ ।

ਅਰਥ :-(ਹੇ ਪਾਂਡੇ ! ਤੂੰ ਕਿਉਂ ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਉਤੇ ਨਹੀਂ ਲਿਖਦਾ ?) ਤੂੰ ਕਿਉਂ (ਗੋਪਾਲ ਦੀ ਯਾਦ ਵਿਚ) ਨਹੀਂ ਜੁੜਦਾ ? ਤੇ, ਕਿਉਂ ਆਪਣੇ ਮਨ ਦਾ ਰੋਗ ਦੂਰ ਨਹੀਂ ਕਰਦਾ ? (ਗੋਪਾਲ ਦਾ) ਨਾਮ ਸਿਮਰਨ ਤੋਂ ਬਿਨਾ ਗਿਆਨ ਇੰਦ੍ਰਿਆਂ ਦਾ ਆਤਮਕ ਜੀਵਨ ਨਾਲ ਵਿਰੋਧ ਪੈ ਜਾਂਦਾ ਹੈ । (ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਤੇ ਲਿਖਣ ਤੋਂ ਬਿਨਾ) ਜੀਵ-ਮੁਸਾਫ਼ਿਰ ਜਗਤ ਵਿਚ ਜਿਹਾ)ਆਉਂਦਾ ਹੈ ਤੇ (ਤਿਹਾ ਹੀ ਇਥੋਂ) ਤੁਰ ਜਾਂਦਾ ਹੈ, (ਨਾਮ ਦੀ ਕਮਾਈ ਤੋਂ)ਸੱਖਣਾ ਹੀ ਇਥੇ ਆਉਂਦਾ ਹੈ ਤੇ (ਇਥੇ ਰਹਿ ਕੇ ਭੀ) ਕੋਈ ਆਤਮਕ ਖੱਟੀ ਨਹੀਂ ਖੱਟਦਾ ।

ਨਾਮ ਤੋਂ ਵਾਂਜੇ ਰਿਹਾਂ ਹਰ ਥਾਂ ਘਾਟਾ ਹੀ ਘਾਟਾ ਹੁੰਦਾ ਹੈ (ਭਾਵ, ਮਨੁੱਖ ਪ੍ਰਭੂ ਨੂੰ ਵਿਸਾਰ ਕੇ ਜੋ ਭੀ ਕਿਰਤ-ਕਾਰ ਕਰਦਾ ਹੈ ਉਹ ਖੋਟੀ ਹੋਣ ਕਰ ਕੇ ਉੱਚੇ ਜੀਵਨ ਵਲੋਂ ਹੋਰ ਹੋਰ ਪਰੇ ਲੈ ਜਾਂਦੀ ਹੈ) । ਪਰ ਮਨੁੱਖ ਨੂੰ ਪ੍ਰਭੂ ਦੇ ਨਾਮ ਦੀ ਖੱਟੀ ਤਦੋਂ ਪ੍ਰਾਪਤ ਹੁੰਦੀ ਹੈ ਜਦੋਂ ਗੋਪਾਲ ਆਪ ਇਹ ਸੂਝ ਬਖ਼ਸ਼ਦਾ ਹੈ ।

ਨਾਮ ਤੋਂ ਸੱਖਣਾ ਰਹਿ ਕੇ ਜੀਵ-ਵਣਜਾਰਾ ਹੋਰ ਹੋਰ ਵਣਜ-ਵਪਾਰ ਹੀ ਕਰਦਾ ਹੈ, ਤੇ (ਪਰਮਾਤਮਾ ਦੀ ਹਜ਼ੂਰੀ ਵਿਚ) ਇਸ ਦੀ ਚੰਗੀ ਸਾਖ ਨਹੀਂ ਬਣਦੀ ।੧੬।

ਗੁਣ ਵੀਚਾਰੇ ਗਿਆਨੀ ਸੋਇ ॥ ਗੁਣ ਮਹਿ ਗਿਆਨੁ ਪਰਾਪਤਿ ਹੋਇ ॥ ਗੁਣਦਾਤਾ ਵਿਰਲਾ ਸੰਸਾਰੀ ॥ ਸਾਚੀ ਕਰਣੀ ਗੁਰ ਵੀਚਾਰੀ ॥ ਅਗਮ ਅਗੋਚਰੁ ਕੀਮਤਿ ਨਹੀ ਪਾਇ ॥ ਤਾ ਮਿਲੀਐ ਜਾ ਲਏ ਮਿਲਾਇ ॥ ਗੁਣਵੰਤੀ ਗੁਣ ਸਾਰੇ ਨੀਤ ॥ ਨਾਨਕ ਗੁਰਮਤਿ ਮਿਲੀਐ ਮੀਤ ॥੧੭॥ [ਪੰਨਾ ੯੩੧]

ਪਦ ਅਰਥ :-ਗੁਣ ਵੀਚਾਰੇ-ਜੋ ਮਨੁੱਖ ਗੋਪਾਲ ਦੇ ਗੁਣਾਂ ਨੂੰ ਵਿਚਾਰਦਾ ਹੈ, ਆਪਣੇ ਮਨ ਵਿਚ ਥਾਂ ਦੇਂਦਾ ਹੈ । ਗਿਆਨੁ-(ਪਰਮਾਤਮਾ ਨਾਲ) ਜਾਣ-ਪਛਾਣ । ਗਿਆਨੀ-ਪ੍ਰਭੂ ਨਾਲ ਜਾਣ-ਪਛਾਣ ਰੱਖਣ ਵਾਲਾ । ਸੋਇ-ਉਹੀ ਮਨੁੱਖ । ਗੁਣ ਮਹਿ-(ਗੋਪਾਲ ਦੇ) ਗੁਣਾਂ ਵਿਚ (ਚਿੱਤ ਟਿਕਾਇਆਂ) । ਗੁਣ ਦਾਤਾ-(ਗੋਪਾਲ ਦੇ) ਗੁਣਾਂ ਨਾਲ ਸਾਂਝ ਪੈਦਾ ਕਰਨ ਵਾਲਾ । ਸੰਸਾਰਿ-ਸੰਸਾਰ ਵਿਚ । ਗੁਰ ਵੀਚਾਰਿ-ਗੁਰੂ ਦੀ ਦਿੱਤੀ ਹੋਈ ਵਿਚਾਰ ਦੁਆਰਾ । ਕਰਣੀ-ਕਰਤੱਬ । ਸਾਚੀ ਕਰਣੀ-ਸਦਾ-ਥਿਰ ਪ੍ਰਭੂ ਦੇ ਗੁਣ ਚੇਤੇ ਕਰਨ ਵਾਲਾ ਕਰਤੱਬ । ਅਗੋਚਰੁ-ਅਪਹੁੰਚ । ਕੀਮਤਿ ਨਹੀ ਪਾਇ-(ਗੁਰੂ ਤੋਂ ਬਿਨਾ ਗੋਪਾਲ ਦੇ ਗੁਣਾਂ ਦੀ) ਕਦਰ ਨਹੀਂ ਪੈ ਸਕਦੀ । ਗੁਣਵੰਤੀ-ਉਹ ਜੀਵ-ਇਸਤ੍ਰੀ ਜਿਸ ਦੇ ਅੰਦਰ ਚੰਗੇ ਗੁਣ ਹਨ । ਸਾਰੇ-ਸੰਭਾਲਦੀ ਹੈ, ਯਾਦ ਕਰਦੀ ਹੈ ।

ਗੁਰਮਤਿ—ਸਤਿਗੁਰੂ ਦੀ ਮੱਤ ਲੈ ਕੇ। ਮਿਲੀਐ ਮੀਤ—ਮਿਤ੍ਰ ਪ੍ਰਭੂ ਨੂੰ ਮਿਲ ਸਕੀਦਾ ਹੈ।

ਅਰਥ :—(ਹੇ ਪਾਂਡੇ !) ਉਹੀ ਮਨੁੱਖ ਗੋਪਾਲ-ਪ੍ਰਭੂ ਨਾਲ ਸਾਂਝ ਵਾਲਾ ਹੁੰਦਾ ਹੈ ਜੋ ਉਸ ਦੇ ਗੁਣਾਂ ਨੂੰ ਆਪਣੇ ਮਨ ਵਿਚ ਥਾਂ ਦੇਂਦਾ ਹੈ; ਗੋਪਾਲ ਦੇ ਗੁਣਾਂ ਵਿਚ (ਚਿੱਤ ਜੋੜਿਆਂ ਹੀ) ਗੋਪਾਲ ਨਾਲ ਸਾਂਝ ਬਣਦੀ ਹੈ। ਪਰ ਜਗਤ ਵਿਚ ਕੋਈ ਵਿਰਲਾ (ਮਹਾ ਪੁਰਖ ਜੀਵ ਦੀ) ਗੋਪਾਲ ਦੇ ਗੁਣਾਂ ਨਾਲ ਜਾਣ-ਪਛਾਣ ਕਰਾਂਦਾ ਹੈ; ਗੋਪਾਲ ਦੇ ਗੁਣ ਯਾਦ ਕਰਨ ਦਾ ਸੱਚਾ ਕਰਤੱਬ ਸਤਿਗੁਰੂ ਦੇ ਉਪਦੇਸ਼ ਦੀ ਰਾਹੀਂ ਹੀ ਹੋ ਸਕਦਾ ਹੈ।

(ਹੇ ਪਾਂਡੇ !) ਉਹ ਗੋਪਾਲ ਅਪਹੁੰਚ ਹੈ, ਜੀਵ ਦੇ ਗਿਆਨ-ਇੰਦ੍ਰੇ ਉਸ ਤਕ ਨਹੀਂ ਅੱਪੜ ਸਕਦੇ, (ਸਤਿਗੁਰੂ ਦੀ ਦਿੱਤੀ ਸੂਝ ਤੋਂ ਬਿਨਾ) ਉਸ ਦੇ ਗੁਣਾਂ ਦੀ ਕਦਰ ਨਹੀਂ ਪੈ ਸਕਦੀ। ਉਸ ਪ੍ਰਭੂ ਨੂੰ ਤਦੋਂ ਹੀ ਮਿਲ ਸਕੀਦਾ ਹੈ ਜੇ ਉਹ (ਸਤਿਗੁਰੂ ਦੀ ਰਾਹੀਂ) ਆਪ ਮਿਲਾ ਲਏ।

ਹੇ ਨਾਨਕ ! ਕੋਈ ਭਾਗਾਂ ਵਾਲੀ ਜੀਵ-ਇਸਤ੍ਰੀ ਗੋਪਾਲ ਦੇ ਗੁਣ ਸਦਾ ਚੇਤੇ ਰੱਖਦੀ ਹੈ, ਸਤਿਗੁਰੂ ਦੀ ਸਿੱਖਿਆ ਦੀ ਬਰਕਤਿ ਨਾਲ ਹੀ ਮਿਤ੍ਰ-ਪ੍ਰਭੂ ਨੂੰ ਮਿਲ ਸਕੀਦਾ ਹੈ। ੧੮।

ਕਾਮੁ ਕ੍ਰੋਧੁ ਕਾਇਆ ਕਉ ਗਾਲੈ ॥ ਜਿਉ ਕੰਚਨ ਸੋਹਾਗਾ ਢਾਲੈ ॥ ਕਸਿ ਕਸਵਟੀ ਸਹੈ ਸੁ ਤਾਉ ॥ ਨਦਰਿ ਸਰਾਫ ਵੰਨੀਸ ਚੜਾਉ ॥ ਜਗਤੁ ਪਸੂ, ਅਹੰ ਕਾਲੁ ਕਸਾਈ ॥ ਕਰਿ ਕਰਤੈ ਕਰਣੀ ਕਰਿ ਪਾਈ ॥ ਜਿਨਿ ਕੀਤੀ ਤਿਨਿ ਕੀਮਤਿ ਪਾਈ ॥ ਹੋਰ ਕਿਆ ਕਹੀਐ ਕਿਛੁ ਕਹਣੁ ਨ ਜਾਈ ॥ ੧੯ ॥ [ਪੰਨਾ ੯੩੨]

ਨੋਟ—ਇਥੋਂ ਪੱਟੀ ਦੇ ਵਿਅੰਜਨ ਅੱਖਰ ਸ਼ੁਰੂ ਹੁੰਦੇ ਹਨ।

ਪਦ ਅਰਥ :—ਗਾਲੈ—ਨਿਰਬਲ ਕਰ ਦੇਂਦਾ ਹੈ। ਕਉ—ਨੂੰ। ਕੰਚਨ ਢਾਲੈ—ਸੋਨੇ ਨੂੰ ਨਰਮ ਕਰਦਾ ਹੈ। ਕਸਿ ਕਸਵਟੀ—ਕਸਵੱਟੀ ਦੀ ਘੱਸ। ਸੁ—ਉਹ ਸੋਨਾ। ਤਾਉ—ਸੇਕ। ਵੰਨ—ਰੰਗ। ਵੰਨੀਸ—ਸੋਹਣੇ ਰੰਗ ਵਾਲਾ। ਸਰਾਫ—ਸੋਨੇ ਚਾਂਦੀ ਦਾ ਵਪਾਰੀ। ਅਹੰ—ਹਉਮੈ। ਕਸਾਈ—ਮਾਰਨ ਵਾਲਾ। ਕਾਲੁ—ਮੌਤ। ਕਰਿ—ਪੈਦਾ ਕਰ ਕੇ। ਕਰਤੈ—ਕਰਤਾਰ ਨੇ। ਕਰਿ—ਕਰ ਵਿਚ, ਹੱਥ ਵਿਚ, (ਭਾਵ, ਜੀਆਂ ਦੇ ਪੱਲੇ)। ਕਰਣੀ—ਕਰਤੂਤ। ਕਰਤੈ...ਪਾਈ—ਕਰਤਾਰ ਨੇ ਜੀਆਂ ਦੇ ਪੱਲੇ ਆਪੋ ਆਪਣੀ ਕਰਤੂਤ ਪਾਈ ਹੈ (ਭਾਵ, ਜਿਹੋ ਜਿਹੀ ਕਰਤੂਤ ਕੋਈ ਜੀਵ ਕਰਦਾ ਹੈ, ਉਹੋ ਜਿਹਾ ਉਸ ਨੂੰ ਫਲ ਮਿਲਦਾ ਹੈ)। ਜਿਨਿ—ਜਿਸ (ਕਰਤਾਰ) ਨੇ। ਕੀਤੀ—ਇਹ (ਕਰਣੀ ਵਾਲੀ ਮਰਯਾਦਾ) ਬਣਾਈ ਹੈ। ਤਿਨਿ—ਉਸ (ਕਰਤਾਰ) ਨੇ। ਕੀਮਤਿ ਪਾਈ—(ਇਹ ਮਰਯਾਦਾ ਦੀ) ਕਦਰ ਜਾਣੀ ਹੈ। ਹੋਰ ਕਿਆ ਕਹੀਐ—ਇਸ ਮਰਯਾਦਾ ਬਾਰੇ ਹੋਰ ਕੁਝ ਆਖਿਆ ਨਹੀਂ

ਜਾ ਸਕਦਾ, (ਭਾਵ, ਇਸ ਮਰਯਾਦਾ ਵਿਚ ਕੋਈ ਉਕਾਈ ਲੱਭੀ ਨਹੀਂ ਜਾ ਸਕਦੀ)।

ਨੋਟ—ਪਹਿਲੀ ਤੁਕ ਵਿਚ 'ਕਾਇਆ' ਅਤੇ 'ਕੰਚਨ' ਦਾ ਟਾਕਰਾ ਕੀਤਾ ਹੈ। ਸੋ, ਦੂਜੀ ਤੁਕ ਦੇ ਲਫ਼ਜ਼ 'ਕਸਿ ਕਸਵਟੀ', 'ਤਾਉ' ਅਤੇ 'ਸਰਾਫ' ਨੂੰ 'ਕਾਇਆ' ਵਾਸਤੇ ਵਰਤਣ ਲੱਗਿਆਂ 'ਕਸਿ ਕਸਵਟੀ' ਦਾ ਅਰਥ ਹੈ 'ਗੁਰਮਤਿ', ਇਹ ਖ਼ਿਆਲ ਪਿਛਲੀ ਪਉੜੀ ਦੀ ਅਖ਼ੀਰਲੀ ਤੁਕ ਵਿਚੋਂ ਲੈਣਾ ਹੈ। ਤਾਉ—ਗੁਰੂ ਦੇ ਦੱਸੇ ਰਾਹ ਉਤੇ ਤੁਰਨ ਦੀ ਘਾਲ-ਕਮਾਈ। ਸਰਾਫ—ਪਰਮਾਤਮਾ।

ਅਰਥ :—ਜਿਵੇਂ ਸੋਹਾਗਾ (ਕੁਠਾਲੀ ਵਿਚ ਪਾਇ) ਸੋਨੇ ਨੂੰ ਨਰਮ ਕਰ ਦੇਂਦਾ ਹੈ, (ਤਿਵੇਂ) ਕਾਮ ਅਤੇ ਕ੍ਰੋਧ (ਮਨੁੱਖ ਦੇ) ਸਰੀਰ ਨੂੰ ਨਿਰਬਲ ਕਰ ਦੇਂਦਾ ਹੈ। ਉਹ (ਢਲਿਆ ਹੋਇਆ) ਸੋਨਾ (ਕੁਠਾਲੀ ਵਿਚ) ਸੇਕ ਸਹਿੰਦਾ ਹੈ, ਫਿਰ ਕਸਵੱਟੀ ਦੀ ਕੱਸ ਸਹਾਰਦਾ ਹੈ (ਭਾਵ, ਕਸਵੱਟੀ ਤੇ ਘਸਾ ਕੇ ਪਰਖਿਆ ਜਾਂਦਾ ਹੈ), ਤੇ, ਸੋਹਣੇ ਰੰਗ ਵਾਲਾ ਉਹ ਸੋਨਾ ਸਰਾਫ਼ ਦੀ ਨਜ਼ਰ ਵਿਚ ਕਬੂਲ ਪੈਂਦਾ ਹੈ। (ਕਾਮ ਕ੍ਰੋਧ ਨਾਲ ਨਿਰਬਲ ਹੋਇਆ ਜੀਵ ਭੀ ਪ੍ਰਭੂ ਦੀ ਮੇਹਰ ਨਾਲ ਜਦੋਂ ਗੁਰੂ ਦੇ ਦੱਸੇ ਰਾਹ ਦੀ ਘਾਲ-ਕਮਾਈ ਕਰਦਾ ਹੈ, ਤੇ ਗੁਰੂ ਦੀ ਦੱਸੀ ਸਿੱਖਿਆ ਉਤੇ ਪੂਰਾ ਉਤਰਦਾ ਹੈ ਤਾਂ ਉਹ ਸੋਹਣੇ ਆਤਮਾ ਵਾਲਾ ਪ੍ਰਾਣੀ ਅਕਾਲ ਪੁਰਖ ਦੀ ਨਜ਼ਰ ਵਿਚ ਕਬੂਲ ਹੁੰਦਾ ਹੈ)।

ਜਗਤ (ਸੁਆਰਥ ਵਿਚ) ਪਸ਼ੂ ਬਣਿਆ ਪਿਆ ਹੈ, ਹਉਮੈ-ਮੌਤ ਇਸ ਦੇ ਆਤਮਕ ਜੀਵਨ ਦਾ ਸੱਤਿਆਨਾਸ ਕਰਦੀ ਹੈ। ਕਰਤਾਰ ਨੇ ਸ੍ਰਿਸ਼ਟੀ ਰਚ ਕੇ ਇਹ ਮਰਯਾਦਾ ਹੀ ਬਣਾ ਦਿੱਤੀ ਹੈ ਕਿ ਜਿਹੋਜਿਹੀ ਕਰਤੂਤ ਕੋਈ ਜੀਵ ਕਰਦਾ ਹੈ ਉਹੋ ਜਿਹਾ ਉਸ ਨੂੰ ਫਲ ਮਿਲਦਾ ਹੈ। ਪਰ ਜਿਸ ਕਰਤਾਰ ਨੇ ਇਹ ਮਰਯਾਦਾ ਬਣਾਈ ਹੈ ਇਸ ਦੀ ਕਦਰ ਉਹ ਆਪ ਹੀ ਜਾਣਦਾ ਹੈ। ਇਸ ਮਰਯਾਦਾ ਵਿਚ ਕੋਈ ਉਕਾਈ ਨਹੀਂ ਦੱਸੀ ਜਾ ਸਕਦੀ। ੧੮।

ਖੋਜਤ ਖੋਜਤ ਅੰਮ੍ਰਿਤੁ ਪੀਆ॥ ਖਿਮਾ ਗਹੀ ਮਨੁ ਸਤਗੁਰਿ ਦੀਆ॥ ਖਰਾ ਖਰਾ ਆਖੈ ਸਭੁ ਕੋਇ॥ ਖਰਾ ਰਤਨੁ ਜੁਗ ਚਾਰੇ ਹੋਇ॥ ਖਾਤ ਪੀਅੰਤ ਮੂਏ, ਨਾਹੀ ਜਾਨਿਆ॥ ਖਿਨ ਮਹਿ ਮੂਏ, ਜਾ ਸਬਦੁ ਪਛਾਨਿਆ॥ ਅਸਥਿਰੁ ਚੀਤੁ, ਮਰਨਿ ਮਨੁ ਮਾਨਿਆ॥ ਗੁਰ ਕਿਰਪਾ ਤੇ ਨਾਮੁ ਪਛਾਨਿਆ॥ ੧੯॥ [ਪੰਨਾ ੯੩੨]

ਪਦ ਅਰਥ :—ਖੋਜਤ ਖੋਜਤ—(ਗੁਰੂ ਦੀ ਮਤਿ ਦੀ ਸਹੈਤਾ ਨਾਲ) ਮੁੜ ਮੁੜ ਖੋਜ ਕੇ। ਪੀਆ—(ਜਿਸ ਮਨੁੱਖ ਨੇ) ਪੀਤਾ। ਖਿਮਾ—ਕਿਸੇ ਦੀ ਵਧੀਕੀ ਸਹਾਰਨ ਦਾ ਸੁਭਾਉ। ਗਹੀ—ਗ੍ਰਹਿਣ ਕੀਤੀ, ਪਕਾ ਲਈ। ਸਤਿਗੁਰਿ ਦੀਆ—ਸਤਿਗੁਰੂ ਵਿਚ ਲੀਨ ਕਰ ਦ੍ਵਿਤਾ। ਸਭੁ ਕੋਇ—ਹਰੇਕ ਜੀਵ। ਜੁਗ ਚਾਰੇ—ਸਦਾ ਲਈ। ਖਾਤ ਪੀਅੰਤ—

ਦੁਨੀਆ ਦੇ ਪਦਾਰਥ ਖਾਂਦੇ ਪੀਂਦੇ, ਦੁਨੀਆ ਦੇ ਭੋਗ ਭੋਗਦੇ ।ਮੂਏ—ਜੋ ਆਤਮਕ ਜੀਵਨ ਵਲੋਂ ਮਰ ਗਏ । ਨਹੀ ਜਾਨਿਆ—(ਅੰਮ੍ਰਿਤ ਦੀ)ਸੂਝ ਨਹੀਂ ਪਾਈ । ਖਿਨ ਮਹਿ ਮੂਏ—ਪਲ ਵਿਚ ਹੀ ਆਪਾ-ਭਾਵ ਵਲੋਂ ਮਰ ਗਏ ।ਜਾ—ਜਦੋਂ ।ਸਬਦੁ ਪਛਾਨਿਆ—ਸ਼ਬਦ ਨੂੰ ਪਛਾਣ ਲਿਆ, ਗੁਰੂ ਦੇ ਸ਼ਬਦ ਨਾਲ ਡੂੰਘੀ ਸਾਂਝ ਪਾ ਲਈ । ਅਸਥਿਰੁ—ਅਡੋਲ । ਮਰਨਿ—ਮਰਨ ਵਿਚ, ਆਪਾ ਭਾਵ ਮੁਕਾਣ ਵਿਚ, ਹਉਮੈ (ਅਹੰ) ਦੂਰ ਕਰਨ ਵਿਚ । ਮਾਨਿਆ—ਪਤੀਜ ਜਾਂਦਾ ਹੈ, ਸ਼ੌਕ ਪਰਗਟ ਕਰਦਾ ਹੈ ।

ਅਰਥ :—ਨੋਟ ! ਲਫ਼ਜ਼ 'ਪੀਆ, ਦੀਆ, ਜਾਨਿਆ' । ਆਦਿਕ ਭੂਤਕਾਲ ਵਿਚ ਹਨ । ਅਰਥ ਵਰਤਮਾਨ ਕਾਲ ਵਿਚ ਕਰਨਾ ਹੈ ।

(ਸਤਿਗੁਰੂ ਦੀ ਮਤਿ ਦੀ ਸਹੈਤਾ ਨਾਲ) ਜੋ ਮਨੁੱਖ ਮੁੜ ਮੁੜ (ਆਪਣਾ ਆਪ) ਖੋਜ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, ਉਹ ਦੂਜਿਆਂ ਦੀ ਵਧੀਕੀ ਸਹਾਰਨ ਦਾ ਸੁਭਾਉ ਪਕਾ ਲੈਂਦਾ ਹੈ, ਤੇ, ਆਪਣਾ ਮਨ ਆਪਣੇ ਸਤਿਗੁਰੂ ਵਿਚ ਲੀਨ ਕਰ ਦੇਂਦਾ ਹੈ । ਹਰੇਕ ਜੀਵ ਉਸ ਦੇ ਖਰੇ (ਸੁੱਚੇ) ਜੀਵਨ ਦੀ ਸਲਾਘਾ ਕਰਦਾ ਹੈ, ਉਹ ਸਦਾ ਲਈ ਸੁੱਚਾ ਸ੍ਰੇਸ਼ਟ ਬਣ ਜਾਂਦਾ ਹੈ ।

ਪਰ ਜੋ ਜੀਵ ਦੁਨੀਆ ਦੇ ਭੋਗ ਭੋਗਦੇ ਰਹਿੰਦੇ ਹਨ ਉਹ ਆਤਮਕ ਜੀਵਨ ਵਲੋਂ ਮਰ ਜਾਂਦੇ ਹਨ, ਉਹਨਾਂ ਨੂੰ (ਨਾਮ-ਅੰਮ੍ਰਿਤ ਦੀ) ਸੂਝ ਨਹੀਂ ਪੈਂਦੀ । (ਉਹੀ ਬੰਦੇ) ਜਦ ਸਤਿਗੁਰੂ ਦੇ ਸ਼ਬਦ ਨਾਲ ਡੂੰਘੀ ਸਾਂਝ ਪਾਂਦੇ ਹਨ, ਤਾਂ ਉਹ ਇਕ ਪਲਕ ਵਿਚ ਹਉਮੈ ਨੂੰ ਮਾਰ ਮੁਕਾਂਦੇ ਹਨ । ਉਹਨਾਂ ਦਾ ਮਨ (ਕਾਮ ਕ੍ਰੋਧ ਆਦਿਕ ਵਲੋਂ) ਅਡੋਲ ਹੋ ਜਾਂਦਾ ਹੈ, ਤੇ ਆਪਾ-ਭਾਵ ਵਲੋਂ ਮਰਨ ਵਿਚ ਖ਼ੁਸ਼ ਹੁੰਦਾ ਹੈ । ਸਤਿਗੁਰੂ ਦੀ ਮੇਹਰ ਨਾਲ ਪਰਮਾਤਮਾ ਦੇ ਨਾਮ ਨਾਲ ਉਹਨਾਂ ਦੀ ਡੂੰਘੀ ਸਾਂਝ ਪੈ ਜਾਂਦੀ ਹੈ । ੧੯ ।

ਗਗਨ ਗੰਭੀਰੁ ਗਗਨੰਤਰਿ ਵਾਸੁ॥ਗੁਣ ਗਾਵੈ ਸੁਖ ਸਹਜਿ ਨਿਵਾਸੁ॥ ਗਇਆ ਨ ਆਵੈ, ਆਇ ਨ ਜਾਇ ॥ਗੁਰ ਪਰਸਾਦਿ ਰਹੈ ਲਿਵ ਲਾਇ ॥ ਗਗਨੁ ਅਗੰਮੁ ਅਨਾਥੁ ਅਜੋਨੀ ॥ ਅਸਥਿਰੁ ਚੀਤੁ ਸਮਾਧਿ ਸਗੋਨੀ ॥ ਹਰਿ ਨਾਮੁ ਚੇਤਿ ਫਿਰਿ ਰਵਹਿ ਨ ਜੂਨੀ ॥ ਗੁਰਮਤਿ ਸਾਰੁ ਹੋਰ ਨਾਮ ਬਿਹੂਨੀ ॥ ੨੦ ॥ [ਪੰਨਾ ੯੩੨]

ਪਦ ਅਰਥ :—ਗਗਨ—ਆਕਾਸ਼ ਵਾਂਗ ਸਰਬ-ਵਿਆਪਕ ਪਰਮਾਤਮਾ । ਗੰਭੀਰੁ—ਧੀਰਾ, ਜਿਗਰੇ ਵਾਲਾ, ਜੀਵਾਂ ਦੇ ਔਗੁਣ ਵੇਖ ਕੇ ਗੁੱਸੇ ਵਿਚ ਨਾਂਹ ਆਉਣ ਵਾਲਾ । ਗਗਨੰਤਰਿ—ਗਗਨ-ਅੰਤਰਿ, ਸਰਬ-ਵਿਆਪਕ ਗੋਪਾਲ ਵਿਚ । ਸਹਜਿ—ਸਹਿਜ ਵਿਚ, ਅਡੋਲਤਾ ਵਿਚ । ਗਇਆ ਨ ਆਵੈ—ਨ ਗਇਆ ਨ ਆਵੈ, ਜੰਮਣ ਮਰਨ ਵਿਚ ਨਹੀਂ ਆਉਂਦਾ । ਅਗੰਮੁ—ਅਪਹੁੰਚ । ਅਨਾਥੁ—ਜਿਸ ਦੇ ਉਪਰ ਕੋਈ ਨਾਥ ਨਹੀਂ,

ਜਿਸ ਨੂੰ ਕਿਸੇ ਦੀ ਮੁਥਾਜੀ ਨਹੀਂ। ਅਸਥਿਰੁ–ਟਿਕਵਾਂ, ਟਿਕਿਆ ਹੋਇਆ, ਅਡੋਲ। ਚੀਤੁ–ਚਿੱਤ। ਸਮਾਧਿ–ਪਰਮਾਤਮਾ ਵਿਚ ਲੀਨਤਾ। ਸਗੋਨੀ–ਸ-ਗੁਣੀ–ਗੁਣ ਪੈਦਾ ਕਰਨ ਵਾਲੀ। ਚੇਤਿ–(ਹੇ ਪਾਂਡੇ !) ਸਿਮਰ, ਯਾਦ ਕਰ। ਪਵਹਿ ਨ–(ਹੇ ਪਾਂਡੇ !) ਤੂੰ ਨਹੀਂ ਪਏਂਗਾ। ਸਾਰੁ–ਤੱਤ, ਸ੍ਰੇਸ਼ਟ। ਹੋਰ–ਹੋਰ ਮਤਿ। ਨਾਮ ਬਿਹੂਨੀ–ਨਾਮ ਤੋਂ ਵਾਂਜਿਆ ਰੱਖਣ ਵਾਲੀ। ਗੁਰ ਪਰਸਾਦਿ–ਗੁਰੂ ਦੀ ਕਿਰਪਾ ਨਾਲ।

ਅਰਥ :–(ਹੇ ਪਾਂਡੇ ! ਗੋਪਾਲ ਦਾ ਨਾਮ ਆਪਣੇ ਮਨ ਦੀ ਪੱਟੀ ਤੇ ਲਿਖ, ਉਹ ਗੋਪਾਲ) ਸਰਬ-ਵਿਆਪਕ ਹੈ ਤੇ ਜੀਵਾਂ ਦੇ ਔਗਣ ਵੇਖ ਕੇ ਛਿੱਥਾ ਨਹੀਂ ਪੈਂਦਾ। ਜਿਸ ਮਨੁੱਖ ਦਾ ਮਨ ਉਸ ਸਰਬ ਵਿਆਪਕ ਗੋਪਾਲ ਵਿਚ ਟਿਕਦਾ ਹੈ, ਜੋ ਮਨੁੱਖ ਉਸ ਦੇ ਗੁਣ ਗਾਂਦਾ ਹੈ, ਉਹ ਸ਼ਾਂਤੀ ਅਤੇ ਅਡੋਲਤਾ ਵਿਚ ਟਿਕ ਜਾਂਦਾ ਹੈ; ਉਹ ਜਨਮ ਮਰਨ ਦੇ ਗੇੜ ਵਿਚ ਨਹੀਂ ਪੈਂਦਾ, ਸਤਿਗੁਰੂ ਦੀ ਕਿਰਪਾ ਨਾਲ ਉਹ(ਸਰਬ-ਵਿਆਪਕ ਗੋਪਾਲ ਵਿਚ) ਸੁਰਤਿ ਜੋੜੀ ਰੱਖਦਾ ਹੈ।

ਉਹ ਸਰਬ-ਵਿਆਪਕ ਗੋਪਾਲ ਅਪਹੁੰਚ ਹੈ (ਭਾਵ, ਉਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ), ਉਸ ਦੇ ਸਿਰ ਉਤੇ ਕਿਸੇ ਦਾ ਕੁੰਡਾ ਨਹੀਂ ਹੈ, ਉਹ ਜੰਮਣ-ਮਰਨ ਤੋਂ ਰਹਿਤ ਹੈ। ਉਸ ਵਿਚ ਜੋੜੀ ਹੋਈ ਸੁਰਤਿ ਮਨੁੱਖ ਦੇ ਅੰਦਰ ਗੁਣ ਪੈਦਾ ਕਰਦੀ ਹੈ, ਤੇ ਮਨ ਨੂੰ ਮਾਇਆ ਵਿਚ ਡੋਲਣ ਤੋਂ ਬਚਾ ਲੈਂਦੀ ਹੈ।

(ਹੇ ਪਾਂਡੇ !) ਤੂੰ (ਭੀ) ਉਸ ਹਰਿ-ਗੋਪਾਲ ਦਾ ਨਾਮ ਸਿਮਰ, (ਸਿਮਰਨ ਦੀ ਬਰਕਤਿ ਨਾਲ) ਫਿਰ ਜਨਮ-ਮਰਨ ਵਿਚ ਨਹੀਂ ਪਏਂਗਾ। (ਹੇ ਪਾਂਡੇ !) ਸਤਿਗੁਰੂ ਦੀ ਮਤਿ ਹੀ (ਜੀਵਨ ਲਈ) ਸ੍ਰੇਸ਼ਟ ਰਸਤਾ ਹੈ, ਹੋਰ ਮਤਿ ਉਸ ਦੇ ਨਾਮ ਤੋਂ ਵਾਂਜਿਆ ਰੱਖਦੀ ਹੈ। ੨੦।

ਘਰ ਦਰ ਫਿਰਿ ਥਾਕੀ ਬਹੁਤੇਰੇ ॥ ਜਾਤਿ ਅਸੰਖ ਅੰਤ ਨਹੀ ਮੇਰੇ ॥ ਕੇਤੇ ਮਾਤ ਪਿਤਾ ਸੁਤ ਧੀਆ ॥ ਕੇਤੇ ਗੁਰ ਚੇਲੇ ਫੁਨਿ ਹੂਆ ॥ ਕਾਚੇ ਗੁਰ ਤੇ ਮੁਕਤਿ ਨ ਹੂਆ ॥ ਕੇਤੀ ਨਾਰਿ, ਵਰੁ ਏਕੁ ਸਮਾਲਿ॥ ਗੁਰਮੁਖਿ ਮਰਣੁ ਜੀਵਣੁ ਪ੍ਰਭ ਨਾਲਿ॥ਦਹਦਿਸ ਢੂਢਿ ਘਰੈ ਮਹਿ ਪਾਇਆ॥ ਮੇਲੁ ਭਇਆ ਸਤਿਗੁਰੂ ਮਿਲਾਇਆ ॥ ੨੧ ॥ [ਪੰਨਾ ੯੩੨]

ਪਦ ਅਰਥ :–ਘਰ ਦਰ ਬਹੁਤੇਰੇ–ਬਥੇਰੇ ਘਰਾਂ ਦੇ ਦਰਵਾਜ਼ੇ, ਕਈ ਜੂਨਾਂ। ਫਿਰਿ ਥਾਕੀ–(ਜੀਵ-ਇਸਤ੍ਰੀ) ਭੌਂ ਭੌਂ ਕੇ ਖਪ ਲੱਥੀ। ਅਸੰਖ–ਅ-ਸੰਖ, ਜਿਨ੍ਹਾਂ ਦੀ ਸੰਖਿਆ ਨਾਂਹ ਹੋ ਸਕੇ, ਅਣ-ਗਿਣਤ। ਅੰਤ ਨਹੀਂ ਮੇਰੇ–ਮੇਰੇ ਪਾਸੋਂ ਅੰਤ ਨਹੀਂ ਪਾਇਆ ਜਾ ਸਕਦਾ, ਮੈਂ ਗਿਣ ਨਹੀਂ ਸਕਦਾ। ਮੇਰੇ–ਮੇਰੇ ਪਾਸੋਂ। ਕੇਤੇ–ਕਈ। ਸੁਤ–ਪੁੱਤਰ। ਫਿਰੂ–ਫਿਰ, ਭੀ। ਮੁਕਤਿ–ਜੂਨਾਂ ਤੋਂ ਖ਼ਲਾਸੀ। ਕਾਚੇ ਗੁਰ ਤੇ–ਕੱਚੇ ਗੁਰੂ ਤੋਂ,

ਉਸ ਗੁਰੂ ਤੋਂ ਜਿਸ ਦਾ ਆਪਣਾ ਮਨ ਕੱਚਾ ਹੈ, ਜਿਸ ਦਾ ਮਨ ਮਾਇਆ ਦੇ ਸੱਚੇ ਵਿਚ ਢਲ ਜਾਣ ਵਾਲਾ ਹੈ (ਜਿਵੇਂ ਕੱਚੀ ਮਿੱਟੀ ਚੱਕ ਤੇ ਰੱਖਿਆਂ ਕਈ ਸ਼ਕਲਾਂ ਵਾਲੇ ਭਾਂਡੇ ਬਣਾਏ ਜਾ ਸਕਦੇ ਹਨ)। ਏਕੁ ਵਰੁ—ਇੱਕ ਖਸਮ-ਪ੍ਰਭੂ । ਸਮਾਲਿ—ਸਮਾਲੇ, ਸੰਭਾਲ ਕਰਦਾ ਹੈ। ਕੇਤੀ ਨਾਰਿ—ਕਈ ਜੀਵ-ਇਸਤ੍ਰੀਆਂ। ਗੁਰਮੁਖਿ ਮਰਣੁ ਜੀਵਣੁ—ਗੁਰਮੁਖਿ ਦਾ ਮਰਨ-ਜੀਊਣ। ਮਰਣੁ ਜੀਵਣੁ—ਆਸਰਾ-ਪਰਨਾ, ਜਿਸ ਦੇ ਹੁੰਦਿਆਂ ਜੀਵਿਆ ਜਾ ਸਕੇ ਤੇ ਜਿਸ ਤੋਂ ਵਿਛੁੜ ਕੇ ਮੌਤ ਆਉਂਦੀ ਜਾਪੇ । ਦਹਦਿਸ—ਦਸੀਂ ਪਾਸੀਂ, ਹਰ ਪਾਸੇ। ਘਰੈ ਮਹਿ—ਘਰਿ ਹੀ, ਹਿਰਦੇ-ਘਰ ਵਿਚ ਹੀ ।

ਅਰਥ :—(ਹੇ ਪਾਂਡੇ ! ਗੁਰੂ ਦੀ ਮਤਿ ਵਾਲਾ ਰਸਤਾ ਫੜਨ ਤੋਂ ਬਿਨਾ) ਜਿੰਦ ਕਈ ਜੂਨਾਂ ਵਿਚ ਭੌਂ ਭੌਂ ਕੇ ਖਪ ਲੱਬਦੀ ਹੈ, ਇਤਨੀਆਂ ਅਣ-ਗਿਣਤ ਜਾਤੀਆਂ ਵਿਚੋਂ ਲੰਘਦੀ ਹੈ ਜਿਨ੍ਹਾਂ ਦਾ ਅੰਤ ਨਹੀਂ ਪੈ ਸਕਦਾ। (ਇਹਨਾਂ ਬੇਅੰਤ ਜੂਨਾਂ ਵਿਚ ਭਟਕਦੀ ਜਿੰਦ ਦੇ) ਕਈ ਮਾਂ ਪਿਉ ਪੁੱਤਰ ਧੀਆਂ ਬਣਦੇ ਹਨ, ਕਈ ਗੁਰੂ ਬਣਦੇ ਹਨ, ਤੇ ਕਈ ਚੇਲੇ ਭੀ ਬਣਦੇ ਹਨ। ਇਹਨਾਂ ਜੂਨਾਂ ਤੋਂ ਤਦ ਤਕ ਖ਼ਲਾਸੀ ਨਹੀਂ ਹੁੰਦੀ ਜਦ ਤਕ ਕਿਸੇ ਕੱਚੇ ਗੁਰੂ ਦੀ ਸਰਨ ਲਈ ਹੋਈ ਹੈ ।

(ਹੇ ਪਾਂਡੇ ! ਸਤਿਗੁਰੂ ਤੋਂ ਖੁੰਝੀਆਂ ਹੋਈਆਂ ਅਜੇਹੀਆਂ) ਕਈ ਜੀਵ-ਇਸਤ੍ਰੀਆਂ ਹਨ, ਖਸਮ-ਪ੍ਰਭੂ ਸਭ ਦੀ ਸੰਭਾਲ ਕਰਦਾ ਹੈ। ਜੋ ਜਿੰਦ ਗੁਰੂ ਦੇ ਸਨਮੁਖ ਰਹਿੰਦੀ ਹੈ, ਉਸ ਦਾ ਆਸਰਾ-ਪਰਨਾ ਗੋਪਾਲ-ਪ੍ਰਭੂ ਹੋ ਜਾਂਦਾ ਹੈ । (ਹੇ ਪਾਂਡੇ ! ਸਿਰਫ਼ ਉਸ ਜਿੰਦ ਦਾ ਪ੍ਰਭੂ ਨਾਲ) ਮਿਲਾਪ ਹੁੰਦਾ ਹੈ ਜਿਸ ਨੂੰ ਸਤਿਗੁਰੂ ਮਿਲਾਂਦਾ ਹੈ, ਹੋਰ ਹਰ ਪਾਸੇ ਢੂੰਢ ਢੂੰਢ ਕੇ (ਗੁਰੂ ਦੀ ਕਿਰਪਾ ਨਾਲ) ਹਿਰਦੇ-ਘਰ ਵਿਚ ਹੀ ਗੋਪਾਲ-ਪ੍ਰਭੂ ਲੱਭ ਪੈਂਦਾ ਹੈ।੨੧।

ਨੋਟ ! ਅੱਖਰ 'ਘ' ਦੇ ਪਿਛੋਂ 'ਙ' ਆਉਂਦਾ ਹੈ। ਇਸ ਦੇ ਥਾਂ ਅਗਲੀ ਪਉੜੀ ਵਿਚ ਅੱਖਰ 'ਗ' ਵਰਤਿਆ ।

ਗੁਰਮੁਖਿ ਗਾਵੈ ਗੁਰਮੁਖਿ ਬੋਲੈ ॥ ਗੁਰਮੁਖਿ ਤੋਲਿ ਤੁੋਲਾਵੈ ਤੋਲੈ ॥ ਗੁਰਮੁਖਿ ਆਵੈ ਜਾਇ ਨਿਸੰਗੁ ॥ ਪਰਹਰਿ ਮੈਲੁ ਜਲਾਇ ਕਲੰਕੁ॥ਗੁਰਮੁਖਿ ਨਾਦ ਬੇਦ ਬੀਚਾਰੁ ॥ ਗੁਰਮੁਖਿ ਮਜਨੁ ਚਜੁ ਅਚਾਰੁ ॥ ਗੁਰਮੁਖਿ ਸਬਦੁ ਅੰਮ੍ਰਿਤੁ ਹੈ ਸਾਰੁ ॥ ਨਾਨਕ ਗੁਰਮੁਖਿ ਪਾਵੈ ਪਾਰੁ ॥ ੨੨ ॥ [੯੩੨]

ਪਦ ਅਰਥ :—ਤੁੋਲਾਵੈ—ਤੋਲਣ ਲਈ ਹੋਰਨਾਂ ਨੂੰ ਪ੍ਰੇਰਦਾ ਹੈ [ਨੋਟ ! ਅੱਖਰ 'ਤ' ਦੇ ਨਾਲ ਦੋ 'ਲਗਾਂ' ਹਨ (ੋ) ਅਤੇ (ੁ)। ਇਥੇ ਅਸਾਂ (ੁ) ਪੜ੍ਹਨਾ ਹੈ, ਭਾਵ, ਇਸ ਲਫ਼ਜ਼ ਨੂੰ "ਤੁਲਾਵੈ" ਪੜ੍ਹਨਾ ਹੈ। ਅਸਲ ਲਫ਼ਜ਼ "ਤੋਲਾਵੈ" ਹੈ]। ਨਿਸੰਗੁ—ਝੰਧਨ-ਰਹਿਤ। ਪਰਹਰਿ—ਦੂਰ ਕਰ ਕੇ। ਕਲੰਕੁ—ਐਬ, ਵਿਕਾਰ। ਬੀਚਾਰੁ—ਪਰਮਾਤਮਾ

ਦੀ ਵਿਚਾਰ। ਮਜਨੁ–ਚੁੱਭੀ, ਇਸ਼ਨਾਨ। ਚਜੁ ਅਚਾਰੁ–ਉੱਚਾ ਆਚਰਣ। ਗੁਰਮੁਖਿ ਗੁਰੂ ਦੇ ਸਨਮੁਖ ਮਨੁੱਖ। ਸਾਰੁ–ਸ੍ਰੇਸ਼ਟ।

ਅਰਥ :–(ਹੇ ਪਾਂਡੇ ! ਗੋਪਾਲ ਦਾ ਨਾਮ ਗੁਰੂ ਦੇ ਸਨਮੁਖ ਹੋਇਆਂ ਹੀ ਮਨ ਦੀ ਪੱਟੀ ਉਤੇ ਲਿਖਿਆ ਜਾ ਸਕਦਾ ਹੈ) ਗੁਰਮੁਖ ਹੀ (ਪ੍ਰਭੂ ਦੇ ਗੁਣ) ਗਾਉਂਦਾ ਹੈ,ਤੇ(ਪ੍ਰਭੂ ਦੀ ਸਿਫ਼ਤਿ) ਉਚਾਰਦਾ ਹੈ। ਗੁਰਮੁਖ ਹੀ (ਪ੍ਰਭੂ ਦੇ ਨਾਮ ਨੂੰ ਆਪਣੇ ਮਨ ਵਿਚ) ਤੋਲਦਾ ਹੈ (ਤੇ ਹੋਰਨਾਂ ਨੂੰ) ਤੋਲਣ ਲਈ ਪ੍ਰੇਰਦਾ ਹੈ।

ਗੁਰਮੁਖ ਹੀ (ਜਗਤ ਵਿਚ) ਬੰਧਨ-ਰਹਿਤ ਆਉਂਦਾ ਹੈ ਤੇ ਬੰਧਨ-ਰਹਿਤ ਹੀ ਇਥੋਂ ਜਾਂਦਾ ਹੈ (ਭਾਵ, ਨਾਂਹ ਹੀ ਕਿਸੇ ਕਰਮਾਂ ਦੇ ਫਲ ਭੋਗਣ ਆਉਂਦਾ ਹੈ ਤੇ ਨਾਂਹ ਹੀ ਇਥੋਂ ਕੋਈ ਮੰਦ ਕਰਮਾਂ ਦੇ ਬੰਧਨ ਸਹੇੜ ਕੇ ਲੈ ਜਾਂਦਾ ਹੈ), (ਕਿਉਂਕਿ ਗੁਰਮੁਖਿ ਮਨੁੱਖ ਮਨ ਦੀ) ਮੈਲ ਨੂੰ ਦੂਰ ਕਰ ਕੇ ਵਿਕਾਰ ਨੂੰ (ਆਪਣੇ ਅੰਦਰੋਂ) ਮੁਕਾ ਚੁਕਾ ਹੁੰਦਾ ਹੈ।

(ਪ੍ਰਭੂ ਦੇ ਗੁਣਾਂ ਦੀ) ਵਿਚਾਰ ਗੁਰਮੁਖ ਵਾਸਤੇ ਰਾਗ ਤੇ ਵੇਦ ਹੈ,ਉੱਚਾ ਆਚਰਣ (ਬਨਾਣਾ) ਗੁਰਮੁਖ ਦਾ (ਤੀਰਥ-) ਇਸ਼ਨਾਨ ਹੈ।

(ਸਤਿਗੁਰੂ ਦਾ) ਸ਼ਬਦ ਗੁਰਮੁਖ ਲਈ ਸ੍ਰੇਸ਼ਟ ਅੰਮ੍ਰਿਤ ਹੈ। ਹੇ ਨਾਨਕ ਗੁਰੂ ! ਦੇ ਸਨਮੁਖ ਰਹਿਣ ਵਾਲਾ ਮਨੁੱਖ (ਸੰਸਾਰ-ਸਮੁੰਦਰ ਦਾ) ਪਾਰਲਾ ਬੰਨਾ ਲੱਭ ਲੈਂਦਾ ਹੈ (ਭਾਵ, ਵਿਕਾਰਾਂ ਦੀਆਂ ਲਹਿਰਾਂ ਵਿਚੋਂ ਬਚ ਨਿਕਲਦਾ ਹੈ)। ੨੨।

ਚੰਚਲੁ ਚੀਤੁ ਨ ਰਹਈ ਠਾਇ ॥ ਚੋਰੀ ਮਿਰਗੁ ਅੰਗੂਰੀ ਖਾਇ ॥ ਚਰਨ ਕਮਲ ਉਰਧਾਰੇ ਚੀਤ ॥ ਚਿਰੁ ਜੀਵਨੁ ਚੇਤਨੁ ਨਿਤ ਨੀਤ ॥ ਚਿੰਤਤ ਹੀ ਦੀਸੈ ਸਭੁ ਕੋਇ ॥ ਚੇਤਹਿ ਏਕੁ ਤਹੀ ਸੁਖੁ ਹੋਇ ॥ ਚਿਤਿ ਵਸੈ ਰਾਚੈ ਹਰਿ ਨਾਇ ॥ ਮੁਕਤਿ ਭਇਆ ਪਤਿ ਸਿਉ ਘਰਿ ਜਾਇ ॥੨੩॥ [੯੩੨]

ਪਦ ਅਰਥ :–ਠਾਇ–ਥਾਂ ਸਿਰ, ਟਿਕਾਣੇ ਤੇ। ਚੋਰੀ–ਲੁਕ ਲੁਕ ਕੇ। ਮਿਰਗੁ–ਮਨ-ਰੂਪ ਹਰਨ। ਅੰਗੂਰੀ–ਨਰਮ ਪੱਤੀਆਂ, ਨਵੇਂ ਨਵੇਂ ਭੋਗ। ਉਰਧਾਰੇ–(ਜੋ) ਟਿਕਾ ਰੱਖਦਾ ਹੈ। ਚਿਰੁ ਜੀਵਨੁ–ਚਿਰੰਜੀਵੀ, ਅਮਰ, ਜਨਮ ਮਰਨ ਤੋਂ ਬਚਿਆ ਹੋਇਆ। ਚੇਤਨੁ–ਸੁਚੇਤ। ਚਿੰਤਤ–ਚਿੰਤਾਤੁਰ। ਸਭੁ ਕੋਇ–ਹਰੇਕ ਜੀਵ। ਚੇਤਹਿ–ਜੋ ਸਿਮਰਦੇ ਹਨ। ਤਹੀ–ਉਥੇ, ਉਹਨਾਂ ਦੇ ਹਿਰਦੇ ਵਿਚ। ਚਿਤਿ–ਚਿੱਤ ਵਿਚ। ਰਾਚੈ–(ਜੋ) ਮਸਤ ਹੁੰਦਾ ਹੈ। ਨਾਇ–ਨਾਮ ਵਿਚ। ਪਤਿ ਸਿਉ–ਇੱਜ਼ਤ ਨਾਲ। ਘਰਿ–ਘਰ ਵਿਚ।

ਅਰਥ :–(ਹੇ ਪਾਂਡੇ ! ਗੋਪਾਲ ਦਾ ਨਾਮ ਮਨ ਦੀ ਪੱਟੀ ਉਤੇ ਲਿਖਣ ਤੋਂ ਬਿਨਾ ਮਨੁੱਖ ਦਾ) ਚੰਚਲ ਮਨ ਟਿਕ ਕੇ ਨਹੀਂ ਬੈਠਦਾ, ਇਹ (ਮਨ-) ਹਰਣ ਲੁਕ ਲੁਕ ਕੇ ਨਵੇਂ ਨਵੇਂ ਭੋਗ ਭੋਗਦਾ ਹੈ। (ਪਰ) ਜੋ ਮਨੁੱਖ (ਪ੍ਰਭੂ ਦੇ) ਕਉਲ ਫੁੱਲਾਂ (ਵਰਗੇ ਸੋਹਣੇ

ਚਰਨ (ਆਪਣੇ) ਚਿੱਤ ਵਿਚ ਵਸਾਂਦਾ ਹੈ, ਉਹ ਸਦਾ ਲਈ ਅਮਰ ਤੇ ਸੁਚੇਤ ਹੋ ਜਾਂਦਾ ਹੈ (ਭਾਵ, ਨਾਂਹ ਵਿਕਾਰਾਂ ਦੀ ਫਾਹੀ ਵਿਚ ਫਸਦਾ ਹੈ ਤੇ ਨਾਂਹ ਹੀ ਜਨਮਾਂ ਦੇ ਗੇੜ ਵਿਚ ਪੈਂਦਾ ਹੈ)।

(ਜਿਧਰ ਤੱਕੋ ਚੰਚਲਤਾ ਦੇ ਕਾਰਨ) ਹਰੇਕ ਜੀਵ ਚਿੰਤਾਤੁਰ ਦਿੱਸਦਾ ਹੈ (ਪਰ ਜੋ ਮਨੁੱਖ) ਇੱਕ (ਪਰਮਾਤਮਾ) ਨੂੰ ਸਿਮਰਦੇ ਹਨ, ਉਹਨਾਂ ਦੇ ਹਿਰਦੇ ਵਿਚ ਸੁਖ ਹੁੰਦਾ ਹੈ।

(ਜਿਸ ਜੀਵ ਦੇ) ਚਿੱਤ ਵਿਚ ਪ੍ਰਭੂ ਆ ਵੱਸਦਾ ਹੈ ਜੋ ਮਨੁੱਖ ਪ੍ਰਭੂ ਦੇ ਨਾਮ ਵਿਚ ਲੀਨ ਹੁੰਦਾ ਹੈ ਉਹ (ਮਾਇਕ ਭੋਗਾਂ ਤੋਂ) ਖ਼ਲਾਸੀ ਪਾ ਲੈਂਦਾ ਹੈ (ਤੇ ਇਥੋਂ) ਇੱਜ਼ਤ ਨਾਲ (ਆਪਣੇ ਅਸਲੀ) ਘਰ ਵਿਚ ਜਾਂਦਾ ਹੈ। ੨੩।

ਛੀਜੈ ਦੇਹ, ਖੁਲੈ ਇਕ ਗੰਢਿ ॥ ਛੇਆ ਨਿਤ, ਦੇਖਹੁ ਜਗਿ ਹੰਢਿ ॥
ਧੂਪ ਛਾਵ ਜੇ ਸਮ ਕਰਿ ਜਾਣੈ ॥ ਬੰਧਨ ਕਾਟਿ ਮੁਕਤਿ ਘਰਿ ਆਣੈ ॥
ਛਾਇਆ ਛੂਛੀ ਜਗਤੁ ਭੁਲਾਨਾ ॥ ਲਿਖਿਆ ਕਿਰਤੁ ਧੁਰੇ ਪਰਵਾਨਾ ॥
ਛੀਜੈ ਜੋਬਨੁ ਜਰੂਆ ਸਿਰਿ ਕਾਲੁ ॥ ਕਾਇਆ ਛੀਜੈ ਭਈ ਸਿਬਾਲੁ॥੨੪॥
[ਪੰਨਾ ੯੩੨]

ਪਦ ਅਰਥ :–ਛੀਜੈ–ਨਾਸ ਹੋ ਜਾਂਦਾ ਹੈ। ਗੰਢਿ–(ਪ੍ਰਾਣਾਂ ਦੀ) ਗੰਢ। ਛੇਆ–[ਕ੍ਸ਼ਯ] ਨਾਸ, ਖੈ । ਜਗਿ–ਜਗਤ ਵਿਚ। ਹੰਢਿ–ਫਿਰ ਕੇ, ਭੌਂ ਕੇ। ਧੂਪ ਛਾਵ–ਦੁੱਖ ਸੁਖ। ਸਮ–ਬਰਾਬਰ। ਮੁਕਤਿ–ਮਾਇਆ ਦੇ ਪ੍ਰਭਾਵ ਤੋਂ ਖ਼ਲਾਸੀ। ਘਰਿ–ਘਰ ਵਿਚ, ਮਨ ਵਿਚ। ਆਣੈ–ਲਿਆਉਂਦਾ ਹੈ। ਛੂਛੀ–ਥੋਥੀ, ਅੰਦਰੋਂ ਕੋਰੀ। ਛਾਇਆ–ਮਾਇਆ। ਧੁਰੇ–ਧੁਰ ਤੋਂ, ਸ਼ੁਰੂ ਤੋਂ। ਕਿਰਤੁ–ਕੀਤੇ ਹੋਏ ਕਰਮਾਂ ਦਾ ਸਮੂਹ। ਜਰੂਆ–ਬੁਢੇਪਾ। ਸਿਰਿ–ਸਿਰ ਉਤੇ। ਸਿਬਾਲੁ–ਪਾਨੀ ਦਾ ਜਾਲਾ।

ਅਰਥ :–(ਹੇ ਪਾਂਡੇ !) ਸਾਰੇ ਜਗਤ ਵਿਚ ਫਿਰ ਕੇ ਵੇਖ ਲਵੋ, ਜਦੋਂ ਪ੍ਰਾਣੀ (ਦੇ ਪ੍ਰਾਣਾਂ) ਦੀ ਗੰਢ ਖੁਲ੍ਹ ਜਾਂਦੀ ਹੈ ਤਾਂ ਸਰੀਰ ਨਾਸ ਹੋ ਜਾਂਦਾ ਹੈ। ਮੌਤ (ਦਾ ਇਹ ਕੌਤਕ) ਨਿੱਤ ਵਰਤ ਰਿਹਾ ਹੈ। (ਹੇ ਪਾਂਡੇ !) ਜੇ ਮਨੁੱਖ (ਇਸ ਜੀਵਨ ਵਿਚ ਵਾਪਰਦੇ) ਦੁੱਖਾਂ ਸੁਖਾਂ ਨੂੰ ਇਕੋ ਜਿਹਾ ਕਰ ਕੇ ਸਮਝ ਲਏ ਤਾਂ (ਮਾਇਆ ਦੇ) ਬੰਧਨਾਂ ਨੂੰ ਕੱਟ ਕੇ (ਮਾਇਕ ਭੋਗਾਂ ਤੋਂ) ਆਜ਼ਾਦੀ ਨੂੰ ਆਪਣੇ ਅੰਦਰ ਲੈ ਆਉਂਦਾ ਹੈ। (ਹੇ ਪਾਂਡੇ ! ਗੋਪਾਲ ਨੂੰ ਵਿਸਾਰ ਕੇ) ਜਗਤ ਇਸ ਥੋਥੀ (ਭਾਵ, ਜੋ ਸਾਥ ਤੋੜ ਨਹੀਂ ਨਿਬਾਹੁੰਦੀ) ਮਾਇਆ (ਦੇ ਪਿਆਰ) ਵਿਚ ਕੁਰਾਹੇ ਪੈ ਰਿਹਾ ਹੈ, (ਜੀਵਾਂ ਦੇ ਮੱਥੇ ਉਤੇ ਇਹੀ) ਕਿਰਤ-ਰੂਪ ਲੇਖ ਸ਼ੁਰੂ ਤੋਂ ਹੀ ਲਿਖਿਆ ਪਿਆ ਹੈ (ਭਾਵ, ਸ਼ੁਰੂ ਤੋਂ ਜੀਵਾਂ ਦੇ ਅੰਦਰ ਮਾਇਆ ਦੇ ਮੋਹ ਦੇ ਸੰਸਕਾਰ-ਰੂਪ ਲੇਖ ਹੋਣ ਦੇ ਕਾਰਨ ਹੁਣ ਭੀ ਇਹ ਮਾਇਆ ਦੇ ਮੋਹ ਵਿਚ ਫਸੇ ਹੋਏ ਹਨ)। (ਹੇ ਪਾਂਡੇ !) ਜਵਾਨੀ ਖ਼ਤਮ ਹੋ ਜਾਂਦੀ ਹੈ, ਬੁਢੇਪਾ ਆ ਜਾਂਦਾ ਹੈ, ਮੌਤ ਸਿਰ ਉਤੇ (ਖੜੀ ਜਾਪਦੀ ਹੈ), ਸਰੀਰ ਕਮਜ਼ੋਰ ਹੋ ਜਾਂਦਾ ਹੈ (ਤੇ ਮਨੁੱਖ ਦੀ ਚਮੜੀ ਪਾਣੀ

ਦੇ) ਜਾਲੇ ਵਾਂਗ ਢਿੱਲੀ ਹੋ ਜਾਂਦੀ ਹੈ (ਫਿਰ ਭੀ ਇਸ ਦਾ ਮਾਇਆ ਦਾ ਪਿਆਰ ਮੁੱਕਦਾ ਨਹੀਂ)। ੨੪।

ਜਾਪੈ ਆਪਿ ਪ੍ਰਭੂ ਤਿਹੁ ਲੋਇ ॥ ਜੁਗਿ ਜੁਗਿ ਦਾਤਾ ਅਵਰੁ ਨ ਕੋਇ॥ ਜਿਉ ਭਾਵੈ ਤਿਉ ਰਾਖਹਿ ਰਾਖੁ ॥ ਜਸੁ ਜਾਚਉ ਦੇਵੈ ਪਤਿ ਸਾਖੁ ॥ ਜਾਗਤੁ ਜਾਗਿ ਰਹਾ ਤੁਧੁ ਭਾਵਾ ॥ ਜਾ ਤੂ ਮੇਲਹਿ ਤਾ ਤੁਝੈ ਸਮਾਵਾ ॥ ਜੈ ਜੈਕਾਰੁ ਜਪਉ ਜਗਦੀਸ ॥ ਗੁਰਮਤਿ ਮਿਲੀਐ ਬੀਸ ਇਕੀਸ ॥ ੨੫॥[੯੩੩]

ਪਦ ਅਰਥ :—ਜਾਪੈ—ਜਾਪਦਾ ਹੈ, ਪਰਗਟ ਹੈ। ਤਿਹੁ ਲੋਇ—ਤਿੰਨਾਂ ਲੋਕਾਂ ਵਿਚ, ਸਾਰੇ ਜਗਤ ਵਿਚ। ਜੁਗਿ ਜੁਗਿ—ਹਰੇਕ ਜੁਗ ਵਿਚ । ਜਾਚਉ—ਜਾਚਉਂ, ਮੈਂ ਮੰਗਦਾ ਹਾਂ। ਦੇਵੈ—(ਤੇਰਾ 'ਜਸੁ' ਮੈਨੂੰ) ਦੇਂਦਾ ਹੈ। ਪਤਿ ਸਾਖੁ—ਇੱਜ਼ਤ ਤੇ ਨਾਮਣਾ । ਤੁਧੁ—ਤੈਨੂੰ। ਜਗਦੀਸ ਜੈਜੈਕਾਰੁ—ਜਗਤ ਦੇ ਮਾਲਕ ਦੀ ਜੈਜੈਕਾਰ। ਜੈ—ਜਿੱਤ। ਜੈਕਾਰੁ—ਸਦਾ ਦੀ ਜਿੱਤ। ਬੀਸ—ਵੀਹ ਵਿਸਵੇ, ਜ਼ਰੂਰ। ਇਕੀਸ—ਇਕ ਈਸ਼ ਨੂੰ, ਇਕ ਮਾਲਕ ਨੂੰ।

ਅਰਥ :—(ਹੇ ਪਾਂਡੇ ! ਉਸ ਗੋਪਾਲ ਦਾ ਨਾਮ ਮਨ ਦੀ ਪੱਟੀ ਉਤੇ ਲਿਖ, ਜੋ) ਆਪ ਸਾਰੇ ਜਗਤ ਵਿਚ ਪਰਗਟ ਹੈ, ਜੋ ਸਦਾ (ਜੀਵਾਂ ਦਾ) ਦਾਤਾ ਹੈ (ਜਿਸ ਤੋਂ ਬਿਨਾ) ਹੋਰ ਕੋਈ (ਦਾਤਾ) ਨਹੀਂ। (ਹੇ ਪਾਂਡੇ ! ਗੋਪਾਲ ਓਅੰਕਾਰ ਅੱਗੇ ਅਰਦਾਸ ਕਰ ਤੇ ਆਖ—ਹੇ ਪ੍ਰਭੂ !) ਜਿਵੇਂ ਤੂੰ (ਮੈਨੂੰ) ਰੱਖਣਾ ਚਾਹੁੰਦਾ ਹੈਂ ਤਿਵੇਂ ਰੱਖ; (ਪਰ) ਮੈਂ ਤੇਰੀ ਸਿਫਤਿ ਸਾਲਾਹ (ਦੀ ਦਾਤਿ) ਮੰਗਦਾ, ਹਾਂ, ਤੇਰੀ ਸਿਫਤਿ ਹੀ ਮੈਨੂੰ ਇੱਜ਼ਤ ਤੇ ਨਾਮਣਾ ਦੇਂਦੀ ਹੈ। (ਹੇ ਪ੍ਰਭੂ !) ਜੇ ਮੈਂ ਤੈਨੂੰ ਚੰਗਾ ਲੱਗਾਂ ਤਾਂ ਮੈਂ ਸਦਾ ਜਾਗਦਾ ਰਹਾਂ (ਮਾਇਆ ਦੇ ਹੱਲਿਆਂ ਤੋਂ ਸੁਚੇਤ ਰਹਾਂ), ਜੇ ਤੂੰ (ਆਪ) ਮੈਨੂੰ (ਆਪਣੇ ਵਿਚ) ਜੋੜੀ ਰੱਖੇਂ, ਤਾਂ ਮੈਂ ਤੇਰੇ (ਚਰਨਾਂ) ਵਿਚ ਲੀਨ ਰਹਾਂ। ਮੈਂ ਜਗਤ ਦੇ ਮਾਲਕ (ਪ੍ਰਭੂ)ਦੀ ਸਦਾ ਜੈ ਜੈ ਕਾਰ ਆਖਦਾ ਹਾਂ। (ਹੇ ਪਾਂਡੇ ! ਇਸ ਤਰ੍ਹਾਂ) ਸਤਿਗੁਰੂ ਦੀ ਮਤਿ ਲੈ ਕੇ ਵੀਹ-ਵਿਸਵੇ ਇੱਕ ਪਰਮਾਤਮਾ ਨੂੰ ਮਿਲ ਸਕੀਦਾ ਹੈ। ੨੫।

ਝਖਿ ਬੋਲਣੁ,ਕਿਆ ਜਗ ਸਿਉ ਵਾਦੁ ॥ ਝੂਰਿ ਮਰੈ ਦੇਖੈ ਪਰਮਾਦੁ॥ ਜਨਮਿ ਮੂਏ, ਨਹੀਂ ਜੀਵਣ ਆਸਾ ॥ ਆਇ ਚਲੇ ਭਏ ਆਸ ਨਿਰਾਸਾ ॥ ਝੁਰਿ ਝੁਰਿ ਝਖਿ ਮਾਟੀ ਰਲਿ ਜਾਇ ॥ ਕਾਲੁ ਨ ਚਾਂਪੈ ਹਰਿ ਗੁਨ ਗਾਇ॥ ਪਾਈ ਨਵਨਿਧਿ ਹਰਿ ਕੈ ਨਾਇ ॥ ਆਪੇ ਦੇਵੈ ਸਹਜਿ ਸੁਭਾਇ ॥੨੬॥ [ਪੰਨਾ੯੩੩]

ਪਦ ਅਰਥ :—ਝਖਿ ਬੋਲਣੁ—ਝਖਾਂ ਮਾਰਨਾ, ਖੇਹ-ਖ਼ੁਆਰੀ, ਮੰਦਾ ਰਸਤਾ। ਕਿਆ—ਕੀਹ? (ਭਾਵ,ਵਿਅਰਥ)। ਸਿਉ—ਨਾਲ। ਵਾਦੁ—ਚਰਚਾ, ਬਹਿਸ। ਝੂਰਿ ਮਰੈ—ਝੂਰ ਝੂਰ ਮਰਦਾ ਹੈ, ਦੁਖੀ ਰਹਿੰਦਾ ਹੈ। ਪਰਮਾਦੁ—ਅਹੰਕਾਰ। ਦੇਖੈ ਪਰਮਾਦੁ—ਅਹੰਕਾਰ

ਵੇਖਦਾ ਹੈ, (ਉਸ ਮਨੁੱਖ ਦੀਆਂ) ਅੱਖਾਂ ਸਾਹਮਣੇ ਅਹੰਕਾਰ ਟਿਕਿਆ ਰਹਿੰਦਾ ਹੈ। ਜੀਵਨ ਆਸਾ—ਸੁੱਚੇ ਆਤਮਕ ਜੀਵਨ ਦੀ ਆਸ। ਆਸ ਨਿਰਾਸਾ—ਆਸਾਂ ਤੋਂ ਨਿਰਾਸ ਹੋ ਕੇ, ਕੋਈ ਖੱਟੀ ਖੱਟਣ ਤੋਂ ਬਿਨਾ ਹੀ। ਮਾਟੀ ਰਲਿ ਜਾਇ—ਮਿੱਟੀ ਵਿਚ ਮਿਲ ਜਾਂਦਾ ਹੈ, ਜੀਵਨ ਵਿਅਰਥ ਗੁਆ ਜਾਂਦਾ ਹੈ। ਚਾਂਪੈ—ਦਬਾਉ ਪਾਂਦਾ ਹੈ। ਨਵ ਨਿਧਿ—(ਧਰਤੀ ਦੇ) ਨੌ ਖ਼ਜ਼ਾਨੇ, ਧਰਤੀ ਦਾ ਸਾਰਾ ਧਨ। ਨਾਇ—ਨਾਮ (ਸਿਮਰਨ) ਦੀ ਰਾਹੀਂ। ਸਹਜਿ ਸੁਭਾਇ—ਆਪਣੀ ਮਰਜ਼ੀ ਅਨੁਸਾਰ।

ਅਰਥ :—(ਹੇ ਪਾਂਡੇ! ਗੋਪਾਲ ਦਾ ਨਾਮ ਮਨ ਦੀ ਪੱਟੀ ਉਤੇ ਲਿਖਣ ਦੇ ਥਾਂ ਮਾਇਆ ਦੀ ਖ਼ਾਤਰ) ਜਗਤ ਨਾਲ ਝਗੜਾ ਸਹੇੜਨਾ ਵਿਅਰਥ ਹੈ, ਇਹ ਤਾਂ ਝਖਾਂ ਮਾਰਨ ਵਾਰੀ ਗੱਲ ਹੈ; (ਜੋ ਮਨੁੱਖ ਗੋਪਾਲ ਦਾ ਸਿਮਰਨ ਛੱਡ ਕੇ ਝਗੜੇ ਵਾਲੇ ਰਾਹੇ ਪੈਂਦਾ ਹੈ) ਉਹ ਝੁਰ ਝੁਰ ਮਰਦਾ ਹੈ (ਭਾਵ, ਅੰਦਰੋਂ ਅਸ਼ਾਂਤ ਹੀ ਰਹਿੰਦਾ ਹੈ, ਕਿਉਂਕਿ) ਉਸ ਦੀਆਂ ਅੱਖਾਂ ਸਾਹਮਣੇ (ਮਾਇਆ ਦਾ) ਅਹੰਕਾਰ ਫਿਕਿਆ ਰਹਿੰਦਾ ਹੈ। ਅਜੇਹੇ ਬੰਦੇ ਜਨਮ-ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ, ਸੁੱਚੇ ਆਤਮਕ ਜੀਵਨ ਦੀ (ਉਹਨਾਂ ਤੋਂ) ਆਸ ਨਹੀਂ ਹੋ ਸਕਦੀ, ਉਹ ਦੁਨੀਆ ਤੋਂ ਕੋਈ ਖੱਟੀ ਖੱਟਣ ਤੋਂ ਬਿਨਾ ਹੀ ਤੁਰ ਜਾਂਦੇ ਹਨ। (ਨਾਮ ਵਿਸਾਰ ਕੇ ਦੁਨੀਆ ਦੇ ਝੰਬੇਲਿਆਂ ਵਿਚ ਪਰਚਣ ਵਾਲਾ ਮਨੁੱਖ ਇਸੇ) ਖਪਾਣੇ ਵਿਚ ਖਪ ਖਪ ਕੇ ਜੀਵਨ ਵਿਅਰਥ ਗੰਵਾ ਜਾਂਦਾ ਹੈ।

ਪਰ ਜੋ ਮਨੁੱਖ ਪਰਮਾਤਮਾ ਦੇ ਗੁਣ ਗਾਉਂਦਾ ਹੈ ਉਸ ਨੂੰ ਮੌਤ ਦਾ ਭੀ ਡਰ ਪੋਹ ਨਹੀਂ ਸਕਦਾ। ਪ੍ਰਭੂ ਦੇ ਨਾਮ ਦੀ ਬਰਕਤਿ ਨਾਲ ਉਹ, ਮਾਨੋ, ਸਾਰੀ ਧਰਤੀ ਦਾ ਧਨ ਪ੍ਰਾਪਤ ਕਰ ਲੈਂਦਾ ਹੈ। ਇਹ ਦਾਤਿ ਪ੍ਰਭੂ ਆਪ ਹੀ ਆਪਣੀ ਰਜ਼ਾ ਅਨੁਸਾਰ ਦੇਂਦਾ ਹੈ।੨੯।

ਵਿਆਨੋ ਬੋਲੈ ਆਪੇ ਬੂਝੈ ॥ ਆਪੇ ਸਮਝੈ ਆਪੇ ਸੂਝੈ ॥ ਗੁਰ ਕਾ ਕਹਿਆ ਅੰਕਿ ਸਮਾਵੈ ॥ ਨਿਰਮਲ ਸੂਚੇ ਸਾਚੋ ਭਾਵੈ ॥ ਗੁਰੁ ਸਾਗਰੁ ਰਤਨੀ ਨਹੀ ਤੋਟ ॥ ਲਾਲ ਪਦਾਰਥ ਸਾਚੁ ਅਖੋਟ ॥ ਗੁਰਿ ਕਹਿਆ ਸਾ ਕਾਰ ਕਮਾਵਹੁ ॥ ਗੁਰ ਕੀ ਕਰਣੀ ਕਾਹੇ ਧਾਵਹੁ ॥ ਨਾਨਕ ਗੁਰਮਤਿ ਸਾਚਿ ਸਮਾਵਹੁ ॥ ੩੦ ॥ [ਪੰਨਾ ੯੩੩]

ਪਦ ਅਰਥ :—ਵਿਆਨੋ—ਵਿਆਨੁ, ਗਿਆਨ। ਆਪੇ—(ਗੁਰੂ ਵਿਚ ਪ੍ਰਭੂ) ਆਪ ਹੀ। ਸੂਝੈ—ਵੇਖਦਾ ਹੈ। ਅੰਕਿ—(ਜਿਨ੍ਹਾਂ ਮਨੁੱਖਾਂ ਦੇ) ਹਿਰਦੇ ਵਿਚ। ਭਾਵੈ—ਪਿਆਰਾ ਲੱਗਦਾ ਹੈ। ਰਤਨੀ—ਰਤਨਾਂ ਦੀ। ਤੋਟ—ਕਮੀ, ਘਾਟਾ। ਅਖੋਟ—ਅਖੁੱਟ, ਅਮੁੱਕ, ਨਾਂਹ ਮੁੱਕਣ ਵਾਲੇ। ਗੁਰਿ—ਗੁਰੂ ਨੇ। ਕਾਹੇ ਧਾਵਹੁ—ਕਿਉਂ ਦੌੜਦੇ ਹਉ? ਸਾਚਿ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ।

ਅਰਥ :—(ਸਤਿਗੁਰੂ-ਰੂਪ ਹੋ ਕੇ) ਪ੍ਰਭੂ ਆਪ ਹੀ ਗਿਆਨ ਉਚਾਰਦਾ ਹੈ, ਆਪ

ਹੀ ਇਸ ਗਿਆਨ ਨੂੰ ਸੁਣਦਾ ਸਮਝਦਾ ਹੈ ਤੇ ਵਿਚਾਰਦਾ ਹੈ।(ਜਿਨ੍ਹਾਂ ਮਨੁੱਖਾਂ ਦੇ) ਹਿਰਦੇ ਵਿਚ ਸਤਿਗੁਰੂ ਦਾ ਦੱਸਿਆ ਹੋਇਆ (ਗਿਆਨ) ਆ ਵੱਸਦਾ ਹੈ, ਉਹ ਮਨੁੱਖ ਪਵਿਤ੍ਰ ਸੁੱਚੇ ਹੋ ਜਾਂਦੇ ਹਨ, ਉਹਨਾਂ ਨੂੰ ਸੱਚਾ ਪ੍ਰਭੂ ਪਿਆਰਾ ਲੱਗਦਾ ਹੈ।

ਸਤਿਗੁਰੂ ਸਮੁੰਦਰ ਹੈ, ਉਸ ਵਿਚ (ਗੋਪਾਲ ਦੇ ਗੁਣਾਂ ਦੇ) ਰਤਨਾਂ ਦੀ ਕਮੀ ਨਹੀਂ, ਉਹ ਸੱਚੇ ਪ੍ਰਭੂ ਦਾ ਰੂਪ ਹੈ, ਲਾਲਾਂ ਦਾ ਅਮੁੱਕ (ਖ਼ਜ਼ਾਨਾ) ਹੈ (ਭਾਵ, ਸਤਿਗੁਰੂ ਵਿਚ ਬੇਅੰਤ ਰੱਬੀ ਗੁਣ ਹਨ)।

(ਹੇ ਪਾਂਡੇ !) ਉਹ ਕਾਰ ਕਰੋ ਜੋ ਸਤਿਗੁਰੁ ਨੇ ਦੱਸੀ ਹੈ, ਸਤਿਗੁਰੂ ਦੀ ਦੱਸੀ ਕਰਣੀ ਤੋਂ ਪਰੇ ਨਾਂਹ ਦੌੜੇ। ਹੇ ਨਾਨਕ ! ਸਤਿਗੁਰੂ ਦੀ ਸਿੱਖਿਆ ਲੈ ਕੇ ਸੱਚੇ ਪ੍ਰਭੂ ਵਿਚ ਲੀਨ ਹੋ ਜਾਉਗੇ। ੨੧।

ਟੂਟੈ ਨੇਹੁ ਕਿ ਬੋਲਹਿ ਸਹੀ ॥ ਟੂਟੈ ਬਾਹ ਦੁਹੂ ਦਿਸ ਗਹੀ ॥
ਟੂਟਿ ਪਰੀਤਿ ਗਈ ਬੁਰ ਬੋਲਿ ॥ ਦੁਰਮਤਿ ਪਰਹਰਿ ਛਾਡੀ ਢੋਲਿ ॥
ਟੂਟੈ ਗੰਠਿ ਪੜੈ ਵੀਚਾਰਿ ॥ ਗੁਰ ਸਬਦੀ ਘਰਿ ਕਾਰਜੁ ਸਾਰਿ ॥
ਲਾਹਾ ਸਾਚੁ ਨ ਆਵੈ ਤੋਟਾ॥ਤ੍ਰਿਭਵਣ ਠਾਕੁਰੁ ਪ੍ਰੀਤਮੁ ਮੋਟਾ॥੨੯॥ [੯੩੩]

ਪਦ ਅਰਥ :—ਨੇਹੁ—ਪਿਆਰ। ਕਿ—ਜੇ। ਸਹੀ—ਸਾਹਮਣੇ। ਕਿ ਬੋਲਹਿ—ਜੇ ਅਸੀ ਮੂੰਹ ਤੇ ਸੱਚੀ ਗੱਲ ਲਾ ਕੇ ਆਖੀਏ। ਦਿਸ—ਪਾਸਾ, ਤਰਫ਼। ਗਹੀ—ਪਕੜੀ ਹੋਈ। ਬੁਰ ਬੋਲਿ—ਬੁਰੇ ਬੋਲ ਨਾਲ। ਪਰਹਰਿ ਛਾਡੀ—ਤਿਆਗ ਦਿੱਤੀ। ਢੋਲਿ—ਢੋਲੇ ਨੇ, ਖਸਮ ਨੇ। ਟੂਟੈ ਗੰਠਿ—ਗੰਢ ਖੁਲ੍ਹ ਜਾਂਦੀ ਹੈ, ਮੁਸ਼ਕਲ ਹੱਲ ਹੋ ਜਾਂਦੀ ਹੈ। ਪੜੈ ਵੀਚਾਰ—ਜੇ ਮਨ ਵਿਚ ਚੰਗੀ ਸੋਚ ਪੈ ਜਾਏ, ਜੇ ਚੰਗੀ ਵਿਚਾਰ ਫੁਰ ਪਏ ! ਘਰਿ—ਘਰ ਵਿਚ, ਮਨ ਵਿਚ। ਸਾਰਿ—ਸੰਭਾਲ। ਮੋਟਾ—ਵੱਡਾ।

ਅਰਥ :—ਕਿਸੇ ਨੂੰ ਸਾਹਮਣੇ (ਲਾ ਕੇ) ਗੱਲ ਆਖਿਆਂ ਪਿਆਰ ਟੁੱਟ ਜਾਂਦਾ ਹੈ; ਦੋਹਾਂ ਪਾਸਿਆਂ ਤੋਂ ਫੜਿਆਂ ਬਾਂਹ ਟੁੱਟ ਜਾਂਦੀ ਹੈ; ਮੰਦਾ ਬੋਲ ਬੋਲਿਆਂ ਪ੍ਰੀਤ ਟੁੱਟ ਜਾਂਦੀ ਹੈ, ਭੈੜੀ ਇਸਤ੍ਰੀ ਨੂੰ ਖਸਮ ਛੱਡ ਦੇਂਦਾ ਹੈ (ਨੋਟ—ਇਸ ਤੁਕ ਵਿਚ "ਟੂਟਿ ਗਈ" ਅਤੇ "ਪਰਹਰਿ ਛਾਡਿ" ਭੂਤ ਕਾਲ Past Tense ਵਿਚ ਹਨ, ਪਰ ਅਰਥ ਪਹਿਲੀ ਤੁਕ ਦੇ ਨਾਲ ਮਿਲਾਣ ਵਾਸਤੇ 'ਵਰਤਮਾਨ ਕਾਲ' Present Tense ਵਿਚ ਕੀਤਾ ਗਿਆ ਹੈ ਕਿਉਂਕਿ ਭਾਵ ਇਉਂ ਹੀ ਹੈ)।

ਜੇ ਚੰਗੀ ਵਿਚਾਰ ਫੁਰ ਪਏ ਤਾਂ ਕੋਈ (ਵਾਪਰੀ ਹੋਈ) ਮੁਸ਼ਕਲ ਹੱਲ ਹੋ ਜਾਂਦੀ ਹੈ।

(ਹੇ ਪਾਂਡੇ !) ਤੂੰ ਭੀ ਗੁਰੂ ਦੇ ਸ਼ਬਦ ਦੀ ਰਾਹੀਂ ਆਪਣੇ ਮਨ ਵਿਚ (ਗੋਪਾਲ ਦਾ ਨਾਮ ਸਿਮਰਨ ਦਾ) ਕੰਮ ਸੰਭਾਲ (ਇਸ ਤਰ੍ਹਾਂ ਗੋਪਾਲ ਵਲੋਂ ਪਈ ਹੋਈ ਗੰਢ ਖੁਲ੍ਹ

ਜਾਂਦੀ ਹੈ; ਫਿਰ ਇਸ ਪਾਸੇ ਵਲੋਂ ਕਦੇ) ਘਾਟਾ ਨਹੀਂ ਪੈਂਦਾ (ਗੋਪਾਲ-ਪ੍ਰਭੂ ਦੇ ਨਾਮ ਦਾ) ਸਦਾ ਟਿਕਿਆ ਰਹਿਣ ਵਾਲਾ ਨਫ਼ਾ ਨਿੱਤ ਬਣਿਆ ਰਹਿੰਦਾ ਹੈ, ਤੇ ਸਾਰੇ ਜਗਤ ਦਾ ਵੱਡਾ ਮਾਲਕ ਪ੍ਰੀਤਮ ਪ੍ਰਭੂ (ਸਿਰ ਉਤੇ ਸਹਾਈ) ਦਿੱਸਦਾ ਹੈ। ੨੮।

ਠਾਕਹੁ ਮਨੂਆ, ਰਾਖਹੁ ਠਾਇ ॥ ਠਹਕਿ ਮੁਈ ਅਵਗੁਣਿ ਪਛੁਤਾਇ ॥ ਠਾਕੁਰੁ ਏਕੁ, ਸਬਾਈ ਨਾਰਿ॥ ਬਹੁਤੇ ਵੇਸ ਕਰੇ ਕੂੜਿਆਰਿ ॥ ਪਰ ਘਰਿ ਜਾਤੀ ਠਾਕਿ ਰਹਾਈ ॥ ਮਹਲਿ ਬੁਲਾਈ, ਠਾਕ ਨ ਪਾਈ ॥ ਸਬਦਿ ਸਵਾਰੀ, ਸਾਚਿ ਪਿਆਰੀ ॥ ਸਾਈ ਸੋੁਹਾਗਣਿ, ਠਾਕੁਰਿ ਧਾਰੀ॥ ੨੯ ॥ [ਪੰਨਾ ੯੩੩]

ਪਦ ਅਰਥ :—ਮਨੂਆ—['ਮਨ' ਤੋਂ 'ਮਨੂਆ' ਅਲਪਾਰਥਕ ਨਾਂਵ] ਚੰਚਲ ਜਿਹਾ ਮਨ ਜੋ ਮਾਇਆ ਪਿੱਛੇ ਭਟਕ ਰਿਹਾ ਹੈ। ਠਾਇ—ਥਾਂ ਸਿਰ। ਠਹਕਿ ਮੁਈ—ਭਿੜ ਮੁਈ ਹੈ (ਸ੍ਰਿਸ਼ਟੀ)। ਅਵਗੁਣਿ—ਅਉਗਣ ਦੇ ਕਾਰਨ, ਮਾਇਆ ਪਿੱਛੇ ਭਟਕਣ ਦੀ ਭੁੱਲ ਦੇ ਕਾਰਨ। ਸਬਾਈ—ਸਾਰੀਆਂ। ਕੂੜਿਆਰਿ—ਕੂੜ ਵਿਚ ਫਸੀ ਹੋਈ, ਮਾਇਆ-ਗ੍ਰਸੀ। ਘਰਿ—ਘਰ ਵਿਚ। ਮਹਲਿ—ਪ੍ਰਭੂ ਦੇ ਮਹਿਲ ਵਿਚ। ਠਾਕਿ—ਰੋਕ। ਠਾਕੁਰਿ—ਠਾਕੁਰ ਨੇ। ਪਛੁਤਾਇ—ਹੱਥ ਮਲਦੀ ਹੈ, ਦੁਖੀ ਹੁੰਦੀ ਹੈ,। ਠਾਕਿ ਰਹਾਈ—ਰੋਕ ਕੇ ਰੱਖੀ [ਲਫ਼ਜ਼ 'ਠਾਕਿ' ਅਤੇ 'ਠਾਕ' ਦਾ ਫ਼ਰਕ ਚੇਤੇ ਰੱਖਣਾ]। ਸੋੁਹਾਗਣਿ—[ਅੱਖਰ 'ਸ' ਦੇ ਨਾਲ ਦੋ ਲਗਾਂ ਹਨ। ਇਥੇ _ ਪੜ੍ਹਨਾ ਹੈ]।

ਅਰਥ :—(ਹੇ ਪਾਂਡੇ! ਗੋਪਾਲ ਦਾ ਨਾਮ ਮਨ ਦੀ ਪੱਟੀ ਉਤੇ ਲਿਖ ਕੇ, ਮਾਇਆ **ਵਲ ਦੌੜਦੇ) ਇਸ** ਚੰਚਲ ਮਨ ਨੂੰ ਰੋਕ ਰੱਖ, ਤੇ ਥਾਂ ਸਿਰ (ਭਾਵ, ਅੰਤਰਿ ਆਤਮੇ) **ਟਿਕਾ ਰੱਖ)**। (ਸ੍ਰਿਸ਼ਟੀ ਮਾਇਆ ਦੀ ਤ੍ਰਿਸ਼ਨਾ ਦੇ) ਅਉਗੁਣ ਵਿਚ (ਫਸ ਕੇ ਆਪੋ ਵਿਚ) ਭਿੜ ਭਿੜ ਕੇ ਆਤਮਕ ਮੌਤ ਸਹੇੜ ਰਹੀ ਹੈ ਤੇ ਦੁਖੀ ਹੋ ਰਹੀ ਹੈ।

(ਹੇ ਪਾਂਡੇ!) ਪ੍ਰਭੂ—ਪਾਲਣਹਾਰ ਇੱਕ ਹੈ, ਤੇ ਸਾਰੇ ਜੀਵ ਉਸ ਦੀਆਂ ਨਾਰੀਆਂ ਹਨ, (ਪਰ) ਮਾਇਆ-ਗ੍ਰਸੀ (ਜੀਵ-ਇਸਤ੍ਰੀ ਖਸਮ ਨੂੰ ਨਹੀਂ ਪਛਾਣਦੀ, ਤੇ ਬਾਹਰ) ਕਈ ਵੇਸ ਕਰਦੀ ਹੈ (ਹੋਰ ਹੋਰ ਆਸਰੇ ਤੱਕਦੀ ਹੈ)। (ਜਿਸ ਜੀਵ-ਇਸਤ੍ਰੀ ਨੂੰ ਪ੍ਰਭੂ ਨੇ) ਪਰਾਏ ਘਰ ਵਿਚ ਜਾਂਦੀ ਨੂੰ (ਹੋਰ ਆਸਰੇ ਤੱਕਦੀ ਨੂੰ) ਰੋਕ ਲਿਆ ਹੈ, ਉਸ ਨੂੰ (ਉਸ ਨੇ ਆਪਣੇ) ਮਹਿਲ ਵਿਚ ਬੁਲਾ ਲਿਆ ਹੈ, ਉਸ ਦੇ ਜੀਵਨ-ਰਾਹ ਵਿਚ ਤ੍ਰਿਸ਼ਨਾ ਦੀ) ਕੋਈ ਰੋਕ ਨਹੀਂ ਪੈਂਦੀ। (ਗੁਰੂ ਦੇ) ਸ਼ਬਦ ਦੀ ਰਾਹੀਂ (ਉਸ ਨੂੰ ਪ੍ਰਭੂ ਨੇ) ਸੰਵਾਰ ਲਿਆ ਹੈ, (ਉਹ ਜੀਵ-ਇਸਤ੍ਰੀ) ਸਦਾ-ਥਿਰ ਪ੍ਰਭੂ ਵਿਚ ਪਿਆਰ ਪਾਂਦੀ ਹੈ, ਉਹੀ ਸੁਹਾਗ-ਭਾਗ ਵਾਲੀ ਹੋ ਜਾਂਦੀ ਹੈ (ਕਿਉਂਕਿ) ਪ੍ਰਭੂ ਨੇ ਉਸ ਨੂੰ ਆਪਣੀ ਬਣ ਲਿਆ ਹੈ। ੨੯।

ਡੋਲਤ ਡੋਲਤ ਹੇ ਸਖੀ, ਫਾਟੇ ਚੀਰ ਸੀਗਾਰ ।। ਡਾਹਪਣਿ ਤਨਿ ਸੁਖੁ ਨਹੀ, ਬਿਨੁ ਡਰ ਬਿਣਠੀ ਡਾਰ ।। ਡਰਪਿ ਮੁਈ ਘਰਿ ਆਪਣੈ, ਡੀਠੀ ਕੰਤਿ ਸੁਜਾਣਿ ।। ਡਰੁ ਰਾਖਿਆ ਗੁਰਿ ਆਪਣੈ, ਨਿਰਭਉ ਨਾਮੁ ਵਖਾਣਿ ।। ਡੂਗਰਿ ਵਾਸੁ, ਤਿਖਾ ਘਣੀ, ਜਬ ਦੇਖਾ, ਨਹੀ ਦੂਰਿ ॥ ਤਿਖਾ ਨਿਵਾਰੀ ਸਬਦੁ ਮੰਨਿ, ਅੰਮ੍ਰਿਤੁ ਪੀਆ ਭਰਪੂਰਿ ।। ਦੇਹਿ ਦੇਹਿ ਆਖੈ ਸਭੁ ਕੋਈ, ਜੈ ਭਾਵੈ ਤੈ ਦੇਇ ।। ਗੁਰੂ ਦੁਆਰੈ ਦੇਵਸੀ, ਤਿਖਾ ਨਿਵਾਰੈ ਸੋਇ॥ ੩੦ ॥ [ਪੰਨਾ ੯੩੩]

ਪਦ ਅਰਥ :—ਡੋਲਤ ਡੋਲਤ—ਡੋਲਦਿਆਂ, ਹੋਰ ਹੋਰ ਆਸਰੇ ਤੱਕਿਆਂ । ਚੀਰ—ਕੱਪੜੇ । ਚੀਰ ਸੀਗਾਰ—(ਭਾਵ,)ਸਾਰੇ ਧਾਰਮਿਕ ਉੱਦਮ ਤੇ ਭੇਖ । ਡਾਹ—ਦਾਹ, ਸਾੜਾ । ਡਾਹਪਣਿ—ਡਾਹਪਣ ਵਿਚ, ਸਾੜੇ ਵਿਚ, ਤ੍ਰਿਸ਼ਨਾ ਦੀ ਅੱਗ ਵਿਚ ਸੜਦਿਆਂ । ਤਨਿ—ਸਰੀਰ ਵਿਚ, (ਭਾਵ,) ਹਿਰਦੇ ਵਿਚ । ਬਿਣਠੀ—ਨਾਸ ਹੋ ਗਈ । ਡਾਰ—ਡਾਰਾਂ ਦੀਆਂ ਡਾਰਾਂ, ਬੇਅੰਤ ਜੀਵ । ਮੁਈ—ਆਪਾ-ਭਾਵ ਤੋਂ ਮੁਈ, ਤ੍ਰਿਸ਼ਨਾ ਵਲੋਂ ਮੁਈ । ਕੰਤਿ—ਕੰਤ ਨੇ । ਕੰਤਿ ਸੁਜਾਣਿ—ਸੁਜਾਨ ਕੰਤ ਨੇ । ਗੁਰਿ—ਗੁਰੂ ਨੇ, ਗੁਰੂ ਦੀ ਰਾਹੀਂ । ਡਰੁ—ਭਉ, ਅਦਬ । ਵਖਾਣਿ—ਸਿਮਰ ਕੇ । ਡੂਗਰਿ—ਪਰਬਤ ਉਤੇ । ਘਣੀ—ਬਹੁਤ । ਭਰਪੂਰਿ—ਨਕਾ-ਨਕ, ਰੱਜ ਕੇ । ਸਭੁ ਕੋਈ—ਹਰੇਕ ਜੀਵ ।ਜੈ ਭਾਵੈ—ਜੋ ਉਸ ਨੂੰ ਭਾਉਂਦਾ ਹੈ । ਤੈ—ਉਸ ਜੀਵ ਨੂੰ । ਸੋਇ—ਉਹੀ ਜੀਵ । ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ ।

ਅਰਥ :—ਹੇ ਸਖੀ ! ਭਟਕ ਭਟਕ ਕੇ ਸਾਰੇ ਕੱਪੜੇ ਤੇ ਸਿੰਗਾਰ ਪਾਟ ਗਏ ਹਨ [ਭਾਵ, ਤ੍ਰਿਸ਼ਨਾ ਦੀ ਅੱਗ ਦੇ ਕਾਰਨ ਹੋਰ ਹੋਰ ਆਸਰੇ ਤੱਕਿਆਂ ਸਾਰੇ ਧਾਰਮਿਕ ਉੱਦਮ ਵਿਅਰਥ ਜਾਂਦੇ ਹਨ); ਤ੍ਰਿਸ਼ਨਾ ਦੀ ਅੱਗ ਵਿਚ ਸੜਦਿਆਂ ਹਿਰਦੇ ਵਿਚ ਸੁਖ ਨਹੀਂ ਹੋ ਸਕਦਾ; (ਤ੍ਰਿਸ਼ਨਾ ਦੇ ਕਾਰਨ ਪ੍ਰਭੂ) ਡਰ (ਹਿਰਦੇ ਵਿਚੋਂ) ਗਵਾਇਆਂ ਬੇਅੰਤ ਜੀਵ ਖਪ ਰਹੇ ਹਨ ।

(ਜੋ ਜੀਵ-ਇਸਤ੍ਰੀ ਪ੍ਰਭੂ ਦੇ) ਡਰ ਦੀ ਰਾਹੀਂ ਆਪਣੇ ਹਿਰਦੇ ਵਿਚ (ਤ੍ਰਿਸ਼ਨਾ ਵਲੋਂ) ਮਰ ਗਈ ਹੈ (ਭਾਵ, ਜਿਸ ਨੇ ਤ੍ਰਿਸ਼ਨਾ ਦੀ ਅੱਗ ਬੁਝਾ ਲਈ ਹੈ) ਉਸ ਨੂੰ ਸੁਜਾਨ ਕੰਤ (ਪ੍ਰਭੂ) ਨੇ (ਪਿਆਰ ਨਾਲ) ਤੱਕਿਆ ਹੈ; ਆਪਣੇ ਗੁਰੂ ਦੀ ਰਾਹੀਂ ਉਸ ਨੇ ਨਿਰ-ਭਉ ਪ੍ਰਭੂ ਦਾ ਨਾਮ ਸਿਮਰ ਕੇ (ਪ੍ਰਭੂ ਦਾ) ਡਰ (ਹਿਰਦੇ ਵਿਚ) ਟਿਕਾਇਆ ਹੈ ।

(ਹੇ ਸਖੀ ! ਜਦ ਤਕ ਮੇਰਾ) ਵਾਸ ਪਰਬਤ ਉਤੇ ਰਿਹਾ, (ਭਾਵ, ਹਉਮੈਂ ਕਰ ਕੇ ਸਿਰ ਉੱਚਾ ਰਿਹਾ) ਮਾਇਆ ਦੀ ਤ੍ਰੇਹ ਬਹੁਤ ਸੀ; ਜਦੋਂ ਮੈਂ ਪ੍ਰਭੂ ਦਾ ਦੀਦਾਰ ਕਰ

ਲਿਆ ਤਾਂ ਇਸ ਤ੍ਰੇਹ ਨੂੰ ਮਿਟਾਣ ਵਾਲਾ ਅੰਮ੍ਰਿਤ ਨੇੜੇ ਹੀ ਦਿੱਸ ਪਿਆ। ਮੈਂ ਗੁਰੂ ਦੇ ਸ਼ਬਦ ਨੂੰ ਮੰਨ ਕੇ (ਮਾਇਆ ਦੀ) ਤ੍ਰੇਹ ਦੂਰ ਕਰ ਲਈ ਤੇ (ਨਾਮ-) ਅੰਮ੍ਰਿਤ ਰੱਜ ਕੇ ਪੀ ਲਿਆ।

ਹਰੇਕ ਜੀਵ ਆਖਦਾ ਹੈ-(ਹੇ ਪ੍ਰਭੂ! ਮੈਨੂੰ ਇਹ ਅੰਮ੍ਰਿਤ) ਦੇਹ; (ਮੈਨੂੰ ਇਹ ਅੰਮ੍ਰਿਤ) ਦੇਹ; ਪਰ ਪ੍ਰਭੂ ਉਸ ਜੀਵ ਨੂੰ ਦੇਂਦਾ ਹੈ ਜੋ ਉਸ ਨੂੰ ਭਾਉਂਦਾ ਹੈ। ਪ੍ਰਭੂ ਜਿਸ ਨੂੰ ਸਤਿਗੁਰੂ ਦੀ ਰਾਹੀਂ (ਇਹ ਅੰਮ੍ਰਿਤ) ਦੇਵੇਗਾ, ਉਹੀ ਜੀਵ (ਮਾਇਆ ਵਾਲੀ) ਤ੍ਰੇਹ ਮਿਟਾ ਸਕੇਗਾ। ੩੦।

ਢੰਢੋਲਤ ਢੂਢਤ ਹਉ ਫਿਰੀ, ਢਹਿ ਢਹਿ ਪਵਨਿ ਕਰਾਰਿ ॥ ਭਾਰੇ ਢਹਤੇ ਢਹਿ ਪਏ ਹਉਲੇ ਨਿਕਸੇ ਪਾਰਿ॥ ਅਮਰ ਅਜਾਚੀ ਹਰਿ ਮਿਲੇ ਤਿਨ ਕੈ ਹਉ ਬਲਿ ਜਾਉ॥ਤਿਨ ਕੀ ਧੂੜਿ ਅਘੁਲੀਐ ਸੰਗਤਿ ਮੇਲਿ ਮਿਲਾਉ॥ ਮਨੁ ਦੀਆ ਗੁਰਿ ਆਪਣੈ ਪਾਇਆ ਨਿਰਮਲ ਨਾਉ॥ ਜਿਨਿ ਨਾਮੁ ਦੀਆ ਤਿਸੁ ਸੇਵਸਾ ਤਿਸੁ ਬਲਿਹਾਰੈ ਜਾਉ ॥ ਜੋ ਉਸਾਰੇ ਸੋ ਢਾਹਸੀ ਤਿਸੁ ਬਿਨੁ ਅਵਰੁ ਨ ਕੋਇ ॥ ਗੁਰ ਪਰਸਾਦੀ ਤਿਸੁ ਸੰਮ੍ਲਾ ਤਾ ਤਨਿ ਦੂਖੁ ਨ ਹੋਇ॥ ੩੧ ॥ [ਪੰਨਾ ੯੩੩]

ਪਦ ਅਰਥ :-ਹਉ-ਮੈਂ। ਕਰਾਰਿ-ਉਰਲੇ ਕੰਢੇ ਤੇ ਹੀ। ਢਹਿ ਪਵਨਿ-ਡਿੱਗ ਰਹੇ ਹਨ। ਢਹਿ ਢਹਿ ਪਵਨਿ-ਅਨੇਕਾਂ ਡਿੱਗ ਰਹੇ ਹਨ। ਅਮਰ-ਅਵਿਨਾਸ਼ੀ। ਅਜਾਚੀ-ਅਤੋਲ, ਵੱਡਾ, ਜੋ ਜਾਚਿਆ ਨਾਂਹ ਜਾ ਸਕੇ। ਤਿਨ ਕੈ-ਉਹਨਾਂ ਬੰਦਿਆਂ ਤੋਂ। ਅਘੁਲੀਐ-ਛੁੱਟੀਦਾ ਹੈ, ਤਰੀਦਾ ਹੈ। ਗੁਰਿ-ਗੁਰੂ ਦੀ ਰਾਹੀਂ। ਜਿਨਿ-ਜਿਸ ਗੁਰੂ ਨੇ। ਤਨਿ-ਸਰੀਰ ਵਿਚ, ਤਨ ਵਿਚ।

ਅਰਥ :-ਮੈਂ ਬਹੁਤ ਢੂੰਢ ਫਿਰੀ ਹਾਂ (ਹਰ ਥਾਂ ਇਹੀ ਵੇਖਿਆ ਹੈ ਕਿ ਤ੍ਰਿਸ਼ਨਾ ਦੇ ਭਾਵ ਨਾਲ) ਭਾਰੇ ਹੋਏ ਅਨੇਕਾਂ ਬੰਦੇ(ਸੰਸਾਰ ਸਮੁੰਦਰ ਦੇ) ਉਰਲੇ ਕੰਢੇ ਤੇ ਹੀ ਡਿੱਗਦੇ ਜਾ ਰਹੇ ਹਨ; (ਪਰ ਜਿਨ੍ਹਾਂ ਦੇ ਸਿਰ ਉਤੇ ਮਾਇਆ ਦੀ ਪੋਟਲੀ ਦਾ ਭਾਰ ਨਹੀਂ, ਉਹ) ਹੌਲੇ (ਹੋਣ ਕਰਕੇ) ਪਾਰ ਲੰਘ ਜਾਂਦੇ ਹਨ। ਮੈਂ (ਪਾਰ ਲੰਘਣ ਵਾਲੇ) ਉਹਨਾਂ ਬੰਦਿਆਂ ਤੋਂ ਸਦਕੇ ਹਾਂ, ਉਹਨਾਂ ਨੂੰ ਅਵਿਨਾਸ਼ੀ ਤੇ ਵੱਡਾ ਪ੍ਰਭੂ ਮਿਲ ਪਿਆ ਹੈ, ਉਹਨਾਂ ਦੀ ਚਰਨ-ਧੂੜ ਲਿਆਂ (ਮਾਇਆ ਦੀ ਤ੍ਰਿਸ਼ਨਾ ਤੋਂ) ਛੁੱਟ ਜਾਈਦਾ ਹੈ, (ਪ੍ਰਭੂ ਮੇਹਰ ਕਰੇ) ਮੈਂ ਵੀ ਉਹਨਾਂ ਦੀ ਸੰਗਤਿ ਵਿਚ ਉਹਨਾਂ ਦੇ ਇਕੱਠ ਵਿਚ ਰਹਾਂ।

ਜਿਸ ਮਨੁੱਖ ਨੇ ਆਪਣੇ ਸਤਿਗੁਰੂ ਦੀ ਰਾਹੀਂ (ਆਪਣਾ) ਮਨ (ਪ੍ਰਭੂ ਨੂੰ) ਦਿੱਤਾ ਹੈ, ਉਸ ਨੂੰ (ਪ੍ਰਭੂ ਦਾ) ਪਵਿਤ੍ਰ ਨਾਮ ਮਿਲ ਗਿਆ ਹੈ। ਮੈਂ ਉਸ (ਗੁਰੂ) ਤੋਂ ਸਦਕੇ ਹਾਂ,

ਮੈਂ ਉਸ ਦੀ ਸੇਵਾ ਕਰਾਂਗੀ ਜਿਸ ਨੇ (ਮੈਨੂੰ) 'ਨਾਮ' ਬਖ਼ਸ਼ਿਆ ਹੈ।

ਜੋ (ਪ੍ਰਭੂ ਜਗਤ ਨੂੰ) ਰਚਨ ਵਾਲਾ ਹੈ ਉਹੀ ਨਾਸ ਕਰਨ ਵਾਲਾ ਹੈ, ਉਸ ਤੋਂ ਬਿਨਾ (ਐਸੀ ਸਮਰਥਾ ਵਾਲਾ) ਹੋਰ ਕੋਈ ਨਹੀਂ ਹੈ; ਜੇ ਮੈਂ ਸਤਿਗੁਰੂ ਦੀ ਮੇਹਰ ਨਾਲ ਉਸ ਨੂੰ ਸਿਮਰਦੀ ਰਹਾਂ, ਤਾਂ ਸਰੀਰ ਵਿਚ ਕੋਈ ਦੁੱਖ ਨਹੀਂ ਪੈਦਾ ਹੁੰਦਾ (ਭਾਵ, ਕੋਈ ਵਿਕਾਰ ਨਹੀਂ ਉੱਠਦਾ)।੩੧।

ਣਾ ਕੋ ਮੇਰਾ, ਕਿਸੁ ਗਹੀ, ਣਾ ਕੋ ਹੋਆ ਨ ਹੋਗੁ ॥ ਆਵਣਿ ਜਾਣਿ ਵਿਗੁਚੀਐ, ਦੁਬਿਧਾ ਵਿਆਪੈ ਰੋਗੁ ॥ ਣਾਮ ਵਿਹੂਣੇ ਆਦਮੀ ਕਲਰ ਕੰਧ ਗਿਰੰਤਿ ॥ ਵਿਣੁ ਨਾਵੈ ਕਿਉ ਛੂਟੀਐ, ਜਾਇ ਰਸਾਤਲਿ ਅੰਤਿ ॥ ਗਣਤ ਗਣਾਵੈ ਅਖਰੀ, ਅਗਣਤੁ ਸਾਚਾ ਸੋਇ ॥ ਅਗਿਆਨੀ ਮਤਿ ਹੀਣੁ ਹੈ, ਗੁਰ ਬਿਨੁ ਗਿਆਨੁ ਨ ਹੋਇ ॥ ਤੂਟੀ ਤੰਤੁ ਰਬਾਬ ਕੀ, ਵਾਜੈ ਨਹੀ ਵਿਜੋਗਿ ॥ ਵਿਛੁੜਿਆ ਮੇਲੈ ਪ੍ਰਭੂ, ਨਾਨਕ ਕਰਿ ਸੰਜੋਗ ॥ ੩੨ ॥ [੯੩੪]

ਪਦ ਅਰਥ :—ਣਾ—ਨਾ। ਗਹੀ—ਮੈਂ ਪਕੜਾਂ। ਕਿਸ ਗਹੀ—ਮੈਂ ਕਿਸ ਨੂੰ ਫੜਾਂ? ਕਿਸ ਦਾ ਆਸਰਾ ਲਵਾਂ? ਹੋਗੁ—ਹੋਵੇਗਾ। ਆਵਣਿ—ਆਉਣ ਵਿਚ। ਜਾਣਿ—ਜਾਣ ਵਿਚ। ਦੁਬਿਧਾ—ਦੋ+ਵਿਧਾ, ਦੋ ਕਿਸਮ ਦਾ, ਦੋਚਿੱਤਾ-ਪਨ। ਣਾਮ—ਨਾਮ। ਰਸਾਤਲਿ—ਰਸਾਤਲ ਵਿਚ, ਪਤਾਲ ਵਿਚ, ਨਰਕ ਵਿਚ। ਅਖਰੀ—ਅਖਰਾਂ ਦੀ ਰਾਹੀਂ। ਤੰਤੁ—ਤਾਰ। ਵਿਜੋਗਿ—ਵਿਜੋਗ ਦੇ ਕਾਰਨ। ਕਰਿ—ਕਰ ਕੇ। ਸੰਜੋਗ—ਮੇਲ।

ਅਰਥ :—(ਗੋਪਾਲ ਤੋਂ ਬਿਨਾ ਮੈਂ) ਹੋਰ ਕਿਸ ਦਾ ਆਸਰਾ ਲਵਾਂ? (ਜਗਤ ਵਿਚ) ਨਾ ਕੋਈ ਐਸ ਵੇਲੇ ਮੇਰਾ (ਅਸਲ ਸਾਥੀ) ਹੈ, ਨਾਂਹ ਕੋਈ ਪਿਛਲੇ ਸਮੇ (ਸਾਥੀ ਬਣਿਆ) ਅਤੇ ਨਾਂਹ ਹੀ ਕੋਈ ਕਦੇ ਬਣੇਗਾ। (ਇਸ ਕੂੜੀ ਮਮਤਾ ਦੇ ਕਾਰਨ, ਮਾਇਆ ਨੂੰ ਸਾਥੀ ਬਨਾਣ ਦੇ ਕਾਰਨ)ਜਨਮ ਮਰਨ (ਦੇ ਗੇੜ) ਵਿਚ ਹੀ ਖ਼ੁਆਰ ਹੋਈਦਾ ਹੈ, ਅਤੇ ਦੁਚਿੱਤਾਪਨ ਦਾ ਰੋਗ (ਅਸਾਡੇ ਉਤੇ) ਦਬਾ ਪਾਈ ਰੱਖਦਾ ਹੈ।

'ਨਾਮ' ਤੋਂ ਸੱਖਣੇ ਬੰਦੇ ਇਉਂ ਡਿੱਗਦੇ ਜਾਂਦੇ ਹਨ (ਭਾਵ, ਸੁਆਸ ਵਿਅਰਥ ਗੁਜ਼ਾਰੀ ਜਾਂਦੇ ਹਨ) ਜਿਵੇਂ ਕੱਲਰ ਦੀ ਕੰਧ (ਕਿਰਦੀ ਰਹਿੰਦੀ ਹੈ)। 'ਨਾਮ' ਤੋਂ ਬਿਨਾ (ਮਮਤਾ ਤੋਂ) ਬਚ ਭੀ ਨਹੀਂ ਸਕੀਦਾ, (ਮਨੁੱਖ) ਆਖ਼ਰ ਨਰਕ ਵਿਚ ਹੀ ਡਿੱਗਦਾ ਹੈ। (ਇਸ ਦਾ ਇਹ ਭਾਵ ਨਹੀਂ ਕਿ ਪ੍ਰਭੂ ਦੇ ਗੁਣ ਚੇਤੇ ਕੀਤਿਆਂ ਪ੍ਰਭੂ ਦੇ ਗੁਣਾਂ ਦਾ ਅੰਤ ਪੈ ਸਕਦਾ ਹੈ) ਸਦਾ ਕਾਇਮ ਰਹਿਣ ਵਾਲਾ ਪ੍ਰਭੂ ਲੇਖੇ ਤੋਂ ਪਰੇ ਹੈ (ਬਿਆਨ ਨਹੀਂ ਕੀਤਾ ਜਾ ਸਕਦਾ, ਪਰ ਜੋ) ਮਨੁੱਖ ਉਸ (ਦੇ ਸਾਰੇ ਗੁਣਾਂ) ਨੂੰ ਅੱਖਰਾਂ ਦੀ ਰਾਹੀਂ ਵਰਣਨ ਕਰਦਾ ਹੈ, (ਉਹ) ਅਗਿਆਨੀ ਹੈ ਮਤਿ ਤੋਂ ਸੱਖਣਾ ਹੈ। ਗੁਰੂ (ਦੀ ਸਰਨ)

ਤੋਂ ਬਿਨਾ (ਇਹ) ਸਮਝ ਭੀ ਨਹੀਂ ਆਉਂਦੀ (ਕਿ ਪ੍ਰਭੂ ਅਗਣਤ ਹੈ)।

ਰਬਾਬ ਦੀ ਤਾਰ ਟੁੱਟ ਜਾਏ ਤਾਂ ਵਿਜੋਗ ਦੇ ਕਾਰਨ (ਭਾਵ, ਟੁੱਟ ਜਾਣ ਦੇ ਕਾਰਨ) ਉਹ ਵੱਜ ਨਹੀਂ ਸਕਦੀ (ਰਾਗ ਪੈਦਾ ਨਹੀਂ ਕਰ ਸਕਦੀ; ਇਸੇ ਤਰ੍ਹਾਂ ਜੋ ਜੀਵਾਤਮਾ ਪ੍ਰਭੂ ਤੋਂ ਵਿਛੁੜਿਆ ਹੈ ਉਸ ਦੇ ਅੰਦਰ ਜੀਵਨ-ਰਾਗ ਪੈਦਾ ਨਹੀਂ ਹੋ ਸਕਦਾ, ਪਰ) ਹੇ ਨਾਨਕ ! ਪਰਮਾਤਮਾ (ਆਪਣੇ ਨਾਲ)ਮਿਲਾਣ ਦੀ ਬਣਤ ਬਣਾ ਕੇ ਵਿੱਛੁੜਿਆਂ ਨੂੰ ਭੀ ਮਿਲਾ ਲੈਂਦਾ ਹੈ। ੩੨।

ਤਰਵਰੁ ਕਾਇਆ, ਪੰਖਿ ਮਨੁ, ਤਰਵਰਿ ਪੰਖੀ ਪੰਚ ॥ ਤਤੁ ਚੁਗਹਿ ਮਿਲਿ ਏਕਸੇ, ਤਿਨ ਕਉ ਫਾਸ ਨ ਰੰਚ॥ਉਡਹਿ ਤ ਬੇਗੁਲ ਬੇਗੁਲੇ, ਤਾਕਹਿ ਚੋਗ ਘਣੀ ॥ ਪੰਖ ਤੁਟੇ, ਫਾਹੀ ਪੜੀ, ਅਵਗੁਣਿ ਭੀੜ ਬਣੀ ॥ ਬਿਨੁ ਸਾਚੇ ਕਿਉ ਛੂਟੀਐ, ਹਰਿ ਗੁਣ ਕਰਮਿ ਮਣੀ ॥ ਆਪਿ ਛਡਾਏ ਛੂਟੀਐ, ਵਡਾ ਆਪਿ ਧਣੀ ॥ ਗੁਰਪਰਸਾਦੀ ਛੂਟੀਐ, ਕਿਰਪਾ ਆਪਿ ਕਰੇਇ ॥ ਅਪਣੈ ਹਾਥਿ ਵਡਾਈਆ, ਜੈ ਭਾਵੈ ਤੈ ਦੇਇ ॥ ੩੩ ॥ [੯੩੪]

ਪਦ ਅਰਥ :—ਤਰਵਰੁ—ਰੁੱਖ। ਪੰਖਿ—ਪੰਛੀ। ਤਰਵਰਿ—ਤਰਵਰ ਉਤੇ। ਤਤੁ—ਅਸਲੀਅਤ-ਰੂਪ ਫਲ, ਨਾਮ। ਮਿਲਿ ਏਕਸੇ—ਇਕ ਪ੍ਰਭੂ ਨਾਲ ਮਿਲ ਕੇ। ਰੰਚ—ਰਤਾ ਭੀ। ਬੇਗੁਲ ਬੇਗੁਲੇ—ਕਾਹਲੀ ਕਾਹਲੀ। ਚੋਗ ਘਣੀ—ਬਹੁਤੇ ਚੋਗੇ, ਕਈ ਪਦਾਰਥ। ਅਵਗੁਣਿ—ਅਉਗਣ ਦੇ ਕਾਰਨ, ਘਣੀ ਚੋਗ ਤੱਕਣ ਦੇ ਕਾਰਨ। ਕਰਮਿ—ਬਖ਼ਸ਼ਸ਼ ਦੀ ਰਾਹੀਂ। ਮਣੀ—ਮਥੇ ਤੇ ਲੇਖ। ਧਣੀ—ਮਾਲਕ।

ਅਰਥ :—(ਮਨੁੱਖਾ) ਸਰੀਰ (ਇਕ) ਰੁੱਖ (ਸਮਾਨ) ਹੈ, (ਇਸ) ਰੁੱਖ ਉਤੇ ਮਨ ਪੰਛੀ ਦੇ ਪੰਜ (ਗਿਆਨ ਇੰਦ੍ਰੇ) ਪੰਛੀ (ਬੈਠੇ) ਹੋਏ ਹਨ। (ਜਿਨ੍ਹਾਂ ਮਨੁੱਖਾਂ ਦੇ ਇਹ ਪੰਛੀ) ਇਕ ਪ੍ਰਭੂ ਨਾਲ ਮਿਲ ਕੇ 'ਨਾਮ'-ਰੂਪ ਫਲ ਖਾਂਦੇ ਹਨ, ਉਹਨਾਂ ਨੂੰ ਰਤਾ ਭੀ (ਮਾਇਆ ਦੀ) ਫਾਹੀ ਨਹੀਂ ਪੈਂਦੀ। (ਪਰ ਜੋ) ਕਾਹਲੀ ਕਾਹਲੀ ਉੱਡਦੇ ਹਨ ਤੇ ਬਹੁਤੇ ਚੋਗੇ (ਭਾਵ, ਬਹੁਤੇ ਪਦਾਰਥ) ਤੱਕਦੇ ਫਿਰਦੇ ਹਨ, (ਉਹਨਾਂ ਦੇ) ਖੰਭ ਟੁੱਟ ਜਾਂਦੇ ਹਨ, (ਉਹਨਾਂ ਨੂੰ ਮਾਇਆ ਦੀ) ਫਾਹੀ ਆ ਪੈਂਦੀ ਹੈ ਤੇ (ਘਣੀ ਚੋਗ ਵਲ ਤੱਕਣ ਦੇ) ਔਗਣ ਬਦਲੇ ਉਹਨਾਂ ਉਤੇ ਇਹ ਬਿਪਤਾ ਆ ਬਣਦੀ ਹੈ।

(ਇਸ ਭੀੜਾ ਤੋਂ) ਪ੍ਰਭੂ (ਦੇ ਗੁਣ ਗਾਵਣ) ਤੋਂ ਬਿਨਾ ਬਚ ਨਹੀਂ ਸਕੀਦਾ, ਤੇ, ਪ੍ਰਭੂ ਦੇ ਗੁਣਾਂ ਦਾ ਮੱਥੇ ਉਤੇ ਲੇਖ (ਪ੍ਰਭੂ ਦੀ) ਬਖ਼ਸ਼ਸ਼-ਨਾਲ ਹੀ (ਲਿਖਿਆ ਜਾ ਸਕਦਾ) ਹੈ। ਉਹ ਆਪ (ਸਭ ਤੋਂ) ਵੱਡਾ ਮਾਲਕ ਹੈ; ਆਪ ਹੀ (ਮਾਇਆ ਦੀ ਫ਼ਾਹੀ ਤੋਂ) ਬਚਾਏ ਤਾਂ ਬਚ ਸਕੀਦਾ ਹੈ। ਜੇ (ਗੋਪਾਲ) ਆਪ ਮੇਹਰ ਕਰੇ ਤਾਂ ਸਤਿਗੁਰੂ ਦੀ ਕਿਰਪਾ

ਨਾਲ (ਇਸ ਫਾਹੀ ਤੋਂ) ਨਿਕਲ ਸਕੀਦਾ ਹੈ। (ਗੁਣ ਗਾਵਣ ਦੀਆਂ) ਇਹ ਬਖ਼ਸ਼ਸ਼ਾਂ ਉਸ ਦੇ ਆਪਣੇ ਹੱਥ ਵਿਚ ਹਨ, ਉਸੇ ਨੂੰ ਹੀ ਦੇਂਦਾ ਹੈ ਜੋ ਉਸ ਨੂੰ ਭਾਉਂਦਾ ਹੈ। ੩੩।

ਥਰਥਰ ਕੰਪੈ ਜੀਅੜਾ; ਥਾਨ ਵਿਹੂਣਾ ਹੋਇ ॥ ਥਾਨਿ ਮਾਨਿ ਸਚੁ ਏਕੁ ਹੈ, ਕਾਜੁ ਨ ਫੀਟੈ ਕੋਇ ॥ ਥਿਰੁ ਨਾਰਾਇਣੁ, ਥਿਰੁ ਗੁਰੂ, ਥਿਰੁ ਸਾਚਾ ਬੀਚਾਰੁ ॥ ਸੁਰਿ ਨਰ ਨਾਥਹ ਨਾਥੁ ਤੂ, ਨਿਧਾਰਾ ਆਧਾਰੁ ॥ ਸਰਬੇ ਥਾਨ ਥਨੰਤਰੀ, ਤੂ ਦਾਤਾ ਦਾਤਾਰੁ ॥ ਜਹ ਦੇਖਾ ਤਹ ਏਕੁ ਤੂ, ਅੰਤੁ ਨ ਪਾਰਾਵਾਰੁ॥ ਥਾਨ ਥਨੰਤਰਿ ਰਵਿ ਰਹਿਆ ਗੁਰਸਬਦੀ ਵੀਚਾਰਿ ॥ ਅਣਮੰਗਿਆ ਦਾਨੁ ਦੇਵਸੀ, ਵਡਾ ਅਗਮ ਅਪਾਰੁ ॥੩੪॥ [ਪੰਨਾ ੯੩੪]

ਪਦ ਅਰਥ :—ਜੀਅੜਾ—ਨਿਮਾਣਾ ਜੀਵ, ਨਿਮਾਣੀ ਜਿੰਦ (ਨੋਟ ! 'ਜੀਵ' ਲਫ਼ਜ਼ ਤੋਂ 'ਜੀਅੜਾ' ਅਲਪਾਰਥਕ ਨਾਂਵ ਹੈ)। ਥਾਨੁ—ਆਸਰਾ। ਥਾਨਿ—ਆਸਰਾ ਦੇਣ ਵਾਲਾ। ਮਨਿ—ਮਾਣ ਦੇਣ ਵਾਲਾ। ਫੀਟੈ—ਵਿਗੜਦਾ। ਥਿਰੁ—ਅਟੱਲ, ਸਦਾ ਕਾਇਮ ਰਹਿਣ ਵਾਲਾ। ਸੁਰਿ—ਦੇਵਤੇ। ਨਾਥਹ ਨਾਥੁ—ਨਾਥਾਂ ਦਾ ਭੀ ਖਸਮ। ਥਾਨ ਥਨੰਤਰੀ—ਥਾਨ ਥਾਨ ਅੰਤਰੀ, ਹਰ ਥਾਂ ਵਿਚ। ਰਵਿ ਰਹਿਆ—ਵਿਆਪਕ ਹੈ। ਵੀਚਾਰਿ—ਵਿਚਾਰ ਦੀ ਰਾਹੀਂ।

ਅਰਥ :—(ਜਦੋਂ ਇਹ) ਨਿਮਾਣੀ ਜਿੰਦ (ਗੋਪਾਲ ਦਾ) ਸਹਾਰਾ ਗੰਵਾ ਬੈਠਦੀ ਹੈ ਤਾਂ ਥਰਥਰ ਕੰਬਦੀ ਹੈ; (ਹਰ ਵੇਲੇ ਸਹਿਮੀ ਰਹਿੰਦੀ ਹੈ) (ਪਰ ਜਿਸ ਨੂੰ, ਹੇ ਗੋਪਾਲ !) ਸਹਾਰਾ ਦੇਣ ਵਾਲਾ ਤੇ ਆਦਰ ਦੇਣ ਵਾਲਾ ਤੂੰ ਸੱਚਾ ਆਪ ਹੈਂ ਉਸ ਦਾ ਕਾਜ (ਜ਼ਿੰਦਗੀ ਦਾ ਮਨੋਰਥ) ਨਹੀਂ ਵਿਗੜਦਾ, (ਉਸ ਦੇ ਸਿਰ ਉਤੇ ਤੂੰ) ਪ੍ਰਭੂ ਕਾਇਮ ਹੈਂ, ਗੁਰੂ ਰਾਖਾ ਹੈ, ਤੇਰੇ ਗੁਣਾਂ ਦੀ ਵੀਚਾਰ ਉਸ ਦੇ ਹਿਰਦੇ ਵਿਚ ਟਿਕੀ ਹੋਈ ਹੈ; ਉਸ ਦੇ ਵਾਸਤੇ ਦੇਵਤਿਆਂ ਮਨੁੱਖਾਂ ਤੇ ਨਾਥਾਂ ਦਾ ਭੀ ਤੂੰ ਹੀ ਨਾਥ ਹੈਂ; ਤੂੰ ਹੀ ਨਿਆਸਿਆਂ ਦਾ ਆਸਰਾ ਹੈਂ।

(ਹੇ ਗੋਪਾਲ !) ਤੂੰ ਹਰ ਥਾਂ ਮੌਜੂਦ ਹੈਂ, ਤੂੰ ਦਾਤਿਆਂ ਦਾ ਦਾਤਾ ਹੈਂ; ਮੈਂ ਜਿਧਰ ਤੱਕਦਾ ਹਾਂ ਤੂੰ ਹੀ ਤੂੰ ਹੈਂ, ਤੇਰਾ ਅੰਤ ਤੇਰਾ ਉਰਲਾ ਪਾਰਲਾ ਬੰਨਾ ਲੱਭਿਆ ਨਹੀਂ ਜਾ ਸਕਦਾ। (ਹੇ ਪਾਂਡੇ !) ਸਤਿਗੁਰੂ ਦੇ ਸ਼ਬਦ ਦੀ ਵਿਚਾਰ ਵਿਚ (ਜੁੜਿਆਂ) ਹਰ ਥਾਂ ਉਹ ਗੋਪਾਲ ਹੀ ਮੌਜੂਦ (ਦਿੱਸਦਾ ਹੈ); ਨਾਂਹ ਮੰਗਿਆਂ ਭੀ ਉਹ (ਹਰੇਕ ਜੀਵ ਨੂੰ) ਦਾਨ ਦੇਂਦਾ ਹੈ, ਉਹ ਸਭ ਤੋਂ ਵਡਾ ਹੈ, ਅਗੰਮ ਹੈ ਤੇ ਬੇਅੰਤ ਹੈ। ੩੪।

ਦਇਆ ਦਾਨੁ ਦਇਆਲੁ ਤੂ ਕਰਿ ਕਰਿ ਦੇਖਣਹਾਰੁ ॥ ਦਇਆ ਕਰਹਿ ਪ੍ਰਭ ਮੇਲਿ ਲੈਹਿ ਖਿਨ ਮਹਿ ਢਾਹਿ ਉਸਾਰਿ ॥ ਦਾਨਾ ਤੂ ਬੀਨਾ

ਤੂਹੀ ਦਾਨਾ ਕੈ ਸਿਰਿ ਦਾਨੁ ॥ ਦਾਲਦ ਭੰਜਨ ਦੂਖ ਦਲਣ ਗੁਰਮੁਖਿ ਗਿਆਨੁ ਧਿਆਨੁ ॥੩੫॥ [ਪੰਨਾ ੯੩੪]

ਪਦ ਅਰਥ :–ਦਾਨਾ–ਜਾਨਣ ਵਾਲਾ । ਬੀਨਾ–ਪਛਾਨਣ ਵਾਲਾ । ਸਿਰਿ–ਸਿਰ ਉਤੇ। ਦਾਨੁ–ਦੱਨਾ, ਜਾਨਣ ਵਾਲਾ । ਦਾਲਦ–ਦਲਿਦ੍ਰ, ਗਰੀਬੀ । ਦਲਣ–ਨਾਸ ਕਰਨ ਵਾਲਾ । ਗੁਰਮੁਖਿ–ਗੁਰੂ ਦੀ ਰਾਹੀਂ । ਗਿਆਨੁ–ਡੂੰਘੀ ਸਾਂਝ, ਜਾਣ-ਪਛਾਣ । ਧਿਆਨੁ–ਟਿਕਵੀਂ ਸੁਰਤਿ ।

ਅਰਥ :–(ਹੇ ਗੋਪਾਲ !) ਤੂੰ ਦਇਆਲ ਹੈਂ, ਤੂੰ (ਜੀਵਾਂ ਉਤੇ) ਦਇਆ ਕਰ ਕੇ ਬਖ਼ਸ਼ਸ਼ ਕਰ ਕੇ ਵੇਖ ਰਿਹਾ ਹੈਂ (ਭਾਵ, ਖ਼ੁਸ਼ ਹੁੰਦਾ ਹੈਂ) । ਹੇ ਗੁਪਾਲ-ਪ੍ਰਭੂ! (ਜਿਸ ਉਤੇ ਤੂੰ) ਮੇਹਰ ਕਰਦਾ ਹੈਂ ਉਸ ਨੂੰ ਆਪਣੇ (ਚਰਨਾਂ) ਵਿਚ ਜੋੜ ਲੈਂਦਾ ਹੈਂ, ਤੂੰ ਇਕ ਪਲ ਵਿਚ ਢਾਹ ਕੇ ਉਸਾਰਨ ਦੇ ਸਮਰਥ ਹੈਂ ।

(ਹੇ ਗੋਪਾਲ !) ਤੂੰ (ਜੀਵਾਂ ਦੇ ਦਿਲ ਦੀ) ਜਾਣਨ ਵਾਲਾ ਹੈਂ ਤੇ ਪਰਖਣ ਵਾਲਾ ਹੈਂ, ਤੂੰ ਦਾਨਿਆਂ ਦਾ ਦਾਨਾ ਹੈਂ, ਦਲਿਦ੍ਰ ਤੇ ਦੁੱਖ ਨਾਸ ਕਰਨ ਵਾਲਾ ਹੈਂ; ਤੂੰ ਆਪਣੇ ਨਾਲ ਡੂੰਘੀ ਸਾਂਝ (ਤੇ ਆਪਣੇ ਚਰਨਾਂ ਦੀ)ਸੁਰਤਿ ਸਤਿਗੁਰੂ ਦੀ ਰਾਹੀਂ ਦੇਂਦਾ ਹੈਂ ।੩੫।

ਧਨਿ ਗਇਐ ਬਹਿ ਝੂਰੀਐ ਧਨ ਮਹਿ ਚੀਤੁ ਗਵਾਰ ॥ ਧਨੁ ਵਿਰਲੀ ਸਚੁ ਸੰਚਿਆ, ਨਿਰਮਲੁ ਨਾਮੁ ਪਿਆਰਿ ॥ ਧਨੁ ਗਇਆ ਤਾ ਜਾਣ ਦੇਹਿ ਜੇ ਰਾਚਹਿ ਰੰਗਿ ਏਕ ॥ ਮਨੁ ਦੀਜੈ, ਸਿਰੁ ਸਉਪੀਐ, ਭੀ ਕਰਤੇ ਕੀ ਟੇਕ॥ ਧੰਧਾ ਧਾਵਤ ਰਹਿ ਗਏ, ਮਨ ਮਹਿ ਸਬਦੁ ਅਨੰਦੁ ॥ ਦੁਰਜਨ ਤੇ ਸਾਜਨ ਭਏ, ਭੇਟੇ ਗੁਰ ਗੋਵਿੰਦ ॥ ਬਨੁ ਬਨੁ ਫਿਰਤੀ ਢੂਢਤੀ, ਬਸਤੁ ਰਹੀ ਘਰਿ ਬਾਰਿ ॥ ਸਤਿਗੁਰਿ ਮੇਲੀ ਮਿਲਿ ਰਹੀ, ਜਨਮ ਮਰਣ ਦੁਖੁ ਨਿਵਾਰਿ ॥੩੬॥ [ਪੰਨਾ ੯੩੪]

ਪਦ ਅਰਥ :–ਧਨਿ ਗਇਐ–ਜੇ ਧਨ ਚਲਾ ਜਾਏ । ਚੀਤੁ ਗਵਾਰ–ਗਵਾਰ ਦਾ ਚਿੱਤ । ਵਿਰਲੀ–ਵਿਰਲਿਆਂ ਨੇ । ਸੰਚਿਆ–ਇਕੱਠਾ ਕੀਤਾ । ਪਿਆਰਿ–ਪਿਆਰ ਦੀ ਰਾਹੀਂ । ਰਾਚਹਿ–ਤੂੰ ਰਚਿਆ ਰਹੇਂ । ਰੰਗਿ ਏਕ–ਇਕ ਗੋਪਾਲ ਦੇ ਰੰਗ ਵਿਚ । ਟੇਕ–ਆਸਰਾ । ਭੇਟੇ–ਮਿਲੇ । ਬਸਤੁ–'ਨਾਮ'-ਰੂਪੀ (ਅਸਲ) ਚੀਜ਼ । ਘਰਿ–ਘਰ ਵਿਚ । ਬਾਰਿ–ਦਰਵਾਜ਼ੇ ਦੇ ਅੰਦਰ । ਸਤਿਗੁਰਿ–ਗੁਰੂ ਨੇ ।

ਅਰਥ :–ਮੂਰਖ ਮਨੁੱਖ ਦਾ ਮਨ (ਸਦਾ) ਧਨ ਵਿਚ (ਰਹਿੰਦਾ) ਹੈ, (ਇਸ ਲਈ) ਜੇ ਧਨ ਚਲਾ ਜਾਏ ਤਾਂ ਬੈਠਾ ਝੂਰਦਾ ਹੈ; ਵਿਰਲੇ ਬੰਦਿਆਂ ਨੇ ਪਿਆਰ ਨਾਲ (ਗੋਪਾਲ ਦਾ) ਪਵਿਤ੍ਰ ਨਾਮ-ਰੂਪ ਸੱਚਾ ਧਨ ਇਕੱਠਾ ਕੀਤਾ ਹੈ ।

(ਹੇ ਪਾਂਡੇ ! ਗੋਪਾਲ ਨਾਲ ਚਿੱਤ ਜੋੜਿਆਂ) ਜੇ ਧਨ ਗੁਆਚਦਾ ਹੈ ਤਾਂ ਗੁਆਚਣ

ਦੇਹ (ਪਰ ਹਾਂ) ਜੇ ਤੂੰ ਇਕ ਪ੍ਰਭੂ ਦੇ ਪਿਆਰ ਵਿਚ ਜੁੜ ਸਕੇਂ (ਤਾਂ ਇਸ ਦੀ ਖ਼ਾਤਰ) ਮਨ ਭੀ ਦੇ ਦੇਣਾ ਚਾਹੀਦਾ ਹੈ, ਸਿਰ ਭੀ ਅਰਪਣ ਕਰ ਦੇਣਾ ਚਾਹੀਦਾ ਹੈ; (ਇਹ ਸਭ ਕੁਝ ਦੇ ਕੇ) ਫਿਰ ਭੀ ਕਰਤਾਰ ਦੀ (ਮੇਹਰ ਦੀ) ਆਸ ਰੱਖਣੀ ਚਾਹੀਦੀ ਹੈ।

ਜਿਨ੍ਹਾਂ ਮਨੁੱਖਾਂ ਦੇ ਮਨ ਵਿਚ (ਸਤਿਗੁਰੂ ਦਾ) ਸ਼ਬਦ (ਵੱਸ ਪੈਂਦਾ) ਹੈ (ਰਾਮ-ਨਾਮ ਦਾ) ਆਨੰਦ (ਆ ਜਾਂਦਾ) ਹੈ, ਉਹ (ਮਾਇਆ ਦੇ) ਧੰਧਿਆਂ ਵਿਚ ਭਟਕਣ ਤੋਂ ਰਹਿ ਜਾਂਦੇ ਹਨ, (ਕਿਉਂਕਿ) ਗੁਰੂ ਪਰਮਾਤਮਾ ਨੂੰ ਮਿਲਿਆਂ ਉਹ ਮੰਦੇ ਤੋਂ ਚੰਗੇ ਬਣ ਜਾਂਦੇ ਹਨ।

(ਜੋ ਜੀਵ-ਇਸਤ੍ਰੀ ਉਸ ਪ੍ਰਭੂ-ਨਾਮ ਦੀ ਖ਼ਾਤਰ) ਜੰਗਲ ਜੰਗਲ ਢੂੰਢਦੀ ਫਿਰੀ (ਉਸ ਨੂੰ ਨਾਹ ਮਿਲਿਆ, ਕਿਉਂਕਿ) ਉਹ (ਨਾਮ-) ਵਸਤ ਤਾਂ ਹਿਰਦੇ ਵਿਚ ਸੀ, ਘਰ ਦੇ ਅੰਦਰ ਹੀ ਸੀ। ਜਦੋਂ ਸਤਿਗੁਰੂ ਨੇ (ਪ੍ਰਭੂ) ਮਿਲਾਇਆ ਤਾਂ (ਉਹ ਉਸ ਦੇ ਨਾਮ ਵਿਚ) ਜੁੜ ਬੈਠੀ, ਤੇ ਉਸ ਦਾ ਜਨਮ ਮਰਨ ਦਾ ਦੁੱਖ ਮੁੱਕ ਗਿਆ। ੩੬।

ਨਾਨਾ ਕਰਤ ਨ ਛੂਟੀਐ, ਵਿਣੁ ਗੁਣ ਜਮ ਪੁਰਿ ਜਾਹਿ॥ ਨ ਤਿਸੁ ਏਹੁ ਨ ਓਹੁ ਹੈ, ਅਵਗੁਣਿ ਫਿਰਿ ਪਛੁਤਾਹਿ॥ ਨਾ ਤਿਸੁ ਗਿਆਨੁ ਨ ਧਿਆਨੁ ਹੈ, ਨਾ ਤਿਸੁ ਧਰਮੁ ਧਿਆਨੁ॥ ਵਿਣੁ ਨਾਵੈ ਨਿਰਭਉ ਕਹਾ, ਕਿਆ ਜਾਣਾ ਅਭਿਮਾਨੁ॥ ਥਾਕਿ ਰਹੀ ਕਿਵ ਅਪੜਾ, ਹਾਥ ਨਹੀ ਨਾ ਪਾਰੁ॥ ਨਾ ਸਾਜਨ ਸੇ ਰੰਗੁਲੇ ਕਿਸੁ ਪਹਿ ਕਰੀ ਪੁਕਾਰ॥ ਨਾਨਕ ਪ੍ਰਿਉ ਪ੍ਰਿਉ ਜੇ ਕਰੀ, ਮੇਲੇ ਮੇਲਣਹਾਰੁ॥ ਜਿਨਿ ਵਿਛੋੜੀ ਸੇ ਮੇਲਸੀ, ਗੁਰ ਕੈ ਹੇਤਿ ਅਪਾਰਿ॥ ੩੭॥ [ਪੰਨਾ ੯੩੪]

ਪਦ ਅਰਥ :—ਨਾਨਾ—ਅਨੇਕਾਂ, ਅਨੇਕਾਂ ਕਰਮ। ਜਮ ਪੁਰਿ—ਜਮ ਦੀ ਪੁਰੀ ਵਿਚ। ਜਾਹਿ—ਜਾਂਦੇ ਹਨ। ਤਿਸੁ—ਉਸ ਮਨੁੱਖ ਨੂੰ। ਏਹੁ—ਇਹ ਲੋਕ। ਓਹੁ—ਪਰਲੋਕ। ਧਿਆਨੁ—ਉੱਚੀ ਸੁਰਤਿ। ਕਹਾ—ਕਿਥੇ? (ਭਾਵ,) ਨਹੀਂ ਮਿਲਦਾ। ਕਿਆ ਜਾਣਾ—ਸਮਝਿਆ ਨਹੀਂ ਜਾ ਸਕਦਾ। ਹਾਥ—(ਅਭਿਮਾਨ ਦੀ) ਹਾਥ, ਥਾਹ। ਰੰਗੁਲੇ—ਰੰਗੇ ਹੋਏ, ਪ੍ਰਭੂ ਦੇ ਪਿਆਰ ਵਿਚ ਰੰਗੇ ਹੋਏ।

ਪ੍ਰਿਉ—ਪਿਆਰਾ। ਕਰੀ—ਮੈਂ ਕਰਾਂ। ਮੇਲਣਹਾਰੁ—ਜੋ ਮੇਲਣ ਨੂੰ ਸਮਰੱਥ ਹੈ। ਜਿਨਿ—ਜਿਸ (ਪ੍ਰਭੂ) ਨੇ। ਹੇਤਿ—ਹਿਤ ਦੀ ਰਾਹੀਂ। ਅਪਾਰਿ ਹੇਤਿ—ਬੇਅੰਤ ਪਿਆਰ ਦੀ ਰਾਹੀਂ।

ਅਰਥ :—ਅਨੇਕਾਂ (ਧਾਰਮਿਕ) ਕਰਮ ਕੀਤਿਆਂ (ਅਹੰਕਾਰ ਤੋਂ) ਖ਼ਲਾਸੀ ਨਹੀਂ ਹੋ ਸਕਦੀ, ਗੋਪਾਲ ਦੇ ਗੁਣ ਗਾਉਣ ਤੋਂ ਬਿਨਾ (ਇਸ ਅਹੰਕਾਰ ਦੇ ਕਾਰਨ) ਨਰਕ ਵਿਚ ਹੀ ਪਈਦਾ ਹੈ। (ਜੋ ਮਨੁੱਖ ਨਿਰੇ 'ਕਰਮਾਂ' ਦਾ ਹੀ ਆਸਰਾ ਲੈਂਦਾ ਹੈ) ਉਸ ਨੂੰ

ਨਾਂਹ ਇਹ ਲੋਕ ਮਿਲਿਆ ਨਾਂਹ ਪਰਲੋਕ (ਭਾਵ, ਉਸ ਨੇ ਨਾਂਹ 'ਦੁਨੀਆ' ਸਵਾਰੀ ਨਾਂਹ 'ਦੀਨ', ਅਜੇਹੇ ਬੰਦੇ, ਕਰਮ ਕਾਂਡ ਦੇ) ਔਗੁਣ ਵਿਚ ਫਸੇ ਰਹਿਣ ਕਰਕੇ ਅੰਤ ਪਛੁਤਾਉਂਦੇ ਹੀ ਹਨ। ਐਸੇ ਮਨੁੱਖ ਨੂੰ ਨਾਂਹ ਗੋਪਾਲ ਨਾਲ ਡੂੰਘੀ ਸਾਂਝ ਹਾਸਲ ਹੁੰਦੀ ਹੈ, ਨਾਂਹ ਉੱਚੀ ਸੁਰਤਿ, ਤੇ ਨਾਂਹ ਹੀ ਧਰਮ '

(ਇਹ ਅਹੰਕਾਰ ਦੇ ਕਾਰਨ)'ਨਾਮ', ਤ ।ਬਨਾ ਨਿਰਭਉ ਪ੍ਰਭੂ ਦੀ ਪ੍ਰਾਪਤੀ ਨਹੀਂ ਹੋ ਸਕਦੀ, 'ਅਹੰਕਾਰ' ਨੂੰ ਸਮਝਿਆ ਨਹੀਂ ਜਾ ਸਕਦਾ (ਭਾਵ, ਅਹੰਕਾਰ ਵਿਚ ਟਿਕੇ ਰਿਹਾਂ ਇਹ ਸਮਝ ਭੀ ਨਹੀਂ ਆਉਂਦੀ ਕਿ ਸਾਡੇ ਉਤੇ ਅਹੰਕਾਰ ਦੀ ਕਾਠੀ ਪਈ ਹੋਈ ਹੈ)। (ਇਹ ਇਕ ਐਸਾ ਸਮੁੰਦਰ ਹੈ ਕਿ)ਇਸ ਦੀ ਡੂੰਘਾਈ ਤੇ ਪਾਰਲਾ ਬੰਨਾ ਨਹੀਂ ਲੱਭ ਸਕਦਾ, ਮੈਂ ਜਤਨ ਕਰ ਕੇ ਥੱਕ ਗਈ ਹਾਂ, ਪਰ ਅੰਤ ਨਹੀਂ ਪਾ ਸਕੀ; ਗੋਪਾਲ ਦੇ ਨਾਮ ਵਿਚ ਰੰਗੇ ਹੋਏ ਗੁਰਮੁਖਾਂ ਤੋਂ ਬਿਨਾ ਹੋਰ ਕਿਸੇ ਅੱਗੇ ਇਹ ਦੁੱਖ ਦੱਸਿਆ ਭੀ ਨਹੀਂ ਜਾ ਸਕਦਾ।

ਹੇ ਨਾਨਕ ! ਜੇ ਮੈਂ ਉਸ ਪਿਆਰੇ ਪ੍ਰਭੂ ਨੂੰ ਮੁੜ ਮੁੜ ਯਾਦ ਕਰਾਂ ਤਾਂ ਉਹ ਮੇਲਣ ਦੇ ਸਮਰੱਥ ਪਿਆਰਾ ਆਪ ਹੀ ਮਿਲਾ ਲੈਂਦਾ ਹੈ। ਜਿਸ ਪ੍ਰਭੂ ਨੇ ('ਅਭਿਮਾਨ' ਦੀ ਵਿੱਥ ਪਾ ਕੇ) ਵਿਛੋੜਿਆ ਹੋਇਆ ਹੈ ਉਹ ਗੁਰੂ ਦੇ ਅਥਾਹ ਪਿਆਰ ਦੀ ਰਾਹੀਂ ਮਿਲਾਏਗਾ। ੩੭।

ਪਾਪੁ ਬੁਰਾ ਪਾਪੀ ਕਉ ਪਿਆਰਾ ॥ ਪਾਪਿ ਲਦੇ ਪਾਪੇ ਪਾਸਾਰਾ ॥ ਪਰਹਰਿ ਪਾਪੁ ਪਛਾਣੈ ਆਪੁ ॥ ਨਾ ਤਿਸੁ ਸੋਗੁ ਵਿਜੋਗੁ ਸੰਤਾਪੁ ॥ ਨਰਕਿ ਪੜੰਤਉ ਕਿਉ ਰਹੈ ਕਿਉ ਬੰਚੈ ਜਮਕਾਲੁ ॥ ਕਿਉ ਆਵਣ ਜਾਣਾ ਵੀਸਰੈ ਝੂਠੁ ਬੁਰਾ ਖੈ ਕਾਲੁ ॥ ਮਨੁ ਜੰਜਾਲੀ ਵੇੜਿਆ ਭੀ ਜੰਜਾਲਾ ਮਾਹਿ ॥ ਵਿਣੁ ਨਾਵੈ ਕਿਉ ਛੂਟੀਐ ਪਾਪੇ ਪਚਹਿ ਪਚਾਹਿ ॥ ੩੮ ॥ [ਪੰਨਾ ੯੩੫]

ਪਦ ਅਰਥ :—ਪਾਪਿ—ਪਾਪ ਨਾਲ। ਪਾਪੇ—ਪਾਪ ਦਾ ਹੀ। ਪਾਪੇ ਪਾਸਾਰਾ—ਪਾਪ ਦਾ ਪਸਾਰਾ ਹੀ। ਪਰਹਰਿ—ਤਿਆਗ ਕੇ। ਆਪੁ—ਆਪਣੇ ਆਪ ਨੂੰ। ਵਿਜੋਗ ਵਿਛੋੜਾ। ਨਰਕਿ—ਨਰਕ ਵਿਚ। ਬੰਚੈ—ਠੱਗੇ, ਟਾਲੇ। ਬੁਰਾ—ਭੈੜਾ। ਝੂਠੁ ਬੁਰਾ—ਚੰਦਰਾ ਝੂਠ। ਝੂਠੁ ਬੁਰਾ ਕਾਲੁ—ਪਾਪ-ਰੂਪ ਭੈੜੀ ਮੌਤ। ਖੈ—(ਆਤਮਕ ਜੀਵਨ ਦਾ) ਨਾਸ ਕਰਦਾ ਹੈ। ਵੇੜਿਆ—ਫਸਿਆ ਹੋਇਆ, ਵਲ੍ਹੇਟਿਆ ਹੋਇਆ, ਘਿਰਿਆ ਹੋਇਆ। ਪਚਹਿ—ਸੜਦੇ ਹਨ। ਪਚਹਿ ਪਚਾਹਿ—ਮੁੜ ਮੁੜ ਸੜਦੇ ਹਨ।

ਅਰਥ :—(ਹੇ ਪਾਂਡੇ !) ਪਾਪ ਮਾੜਾ (ਕੰਮ) ਹੈ, ਪਰ ਪਾਪੀ ਨੂੰ ਪਿਆਰਾ ਲੱਗਦਾ ਹੈ, ਉਹ (ਪਾਪੀ) ਪਾਪ ਨਾਲ ਲੱਦਿਆ ਹੋਇਆ ਪਾਪ ਦਾ ਹੀ ਖਿਲਾਰਾ ਖਿਲਾਰਦਾ ਹੈ। ਜੇ ਮਨੁੱਖ ਪਾਪ ਛੱਡ ਕੇ ਆਪਣੇ ਅਸਲੇ ਨੂੰ ਪਛਾਣੇ ਤਾਂ ਉਸ ਨੂੰ ਚਿੰਤਾ, ਵਿਛੋੜਾ ਤੇ

ਦੁੱਖ ਨਹੀਂ ਵਿਆਪਦੇ।

(ਜਦ ਤਕ) ਝੂਠ ਪਾਪ-ਰੂਪ ਮੌਤ (ਜੀਵ ਦੇ ਆਤਮਕ ਜੀਵਨ ਨੂੰ) ਤਬਾਹ ਕਰ ਰਹੀ ਹੈ, ਤਦ ਤਕ ਇਸ ਦਾ ਜੰਮਣਾ ਮਰਨਾ ਕਿਵੇਂ ਮੁੱਕੇ? ਨਰਕ ਵਿਚ ਪੈਣੋਂ ਕਿਵੇਂ ਬਚੇ? ਤੇ ਜਮਕਾਲ (ਭਾਵ, ਮੌਤ ਦੇ ਡਰ) ਨੂੰ ਇਹ ਕਿਵੇਂ ਟਾਲ ਸਕੇ?

(ਜਿਤਨਾ ਚਿਰ) ਮਨ (ਪਾਪਾਂ ਦੇ) ਜੰਜਾਲਾਂ ਨਾਲ ਘਿਰਿਆ ਹੋਇਆ ਹੈ, ਇਹ (ਇਹਨਾਂ ਪਾਪਾਂ ਦੇ), ਹੋਰ ਹੋਰ ਜੰਜਾਲਾਂ ਵਿਚ ਪੈਂਦਾ ਹੈ, ਗੋਪਾਲ ਦੇ ਨਾਮ ਤੋਂ ਬਿਨਾ (ਇਹਨਾਂ ਜੰਜਾਲਾਂ ਤੋਂ) ਬਚ ਨਹੀਂ ਸਕੀਦਾ, (ਸਗੋਂ ਜੀਵ) ਪਾਪਾਂ ਵਿਚ ਹੀ ਮੁੜ ਮੁੜ ਦੁਖੀ ਹੁੰਦੇ ਹਨ। ੩੮।

ਫਿਰਿ ਫਿਰਿ ਫਾਹੀ ਫਾਸੇ ਕਊਆ ॥ ਫਿਰਿ ਪਛੁਤਾਨਾ ਅਬ ਕਿਆ ਹੂਆ ॥ ਫਾਥਾ ਚੋਗ ਚੁਗੈ ਨਹੀ ਬੂਝੈ ॥ ਸਤਿਗੁਰੁ ਮਿਲੈ ਤ ਆਖੀ ਸੂਝੈ ॥ ਜਿਉ ਮਛੁਲੀ ਫਾਥੀ ਜਮਜਾਲਿ ॥ ਵਿਣੁ ਗੁਰ ਦਾਤੇ ਮੁਕਤਿ ਨ ਭਾਲਿ ॥ ਫਿਰਿ ਫਿਰਿ ਆਵੈ ਫਿਰਿ ਫਿਰਿ ਜਾਇ ॥ ਇਕ ਰੰਗਿ ਰਚੈ ਰਹੈ ਲਿਵ ਲਾਇ ॥ ਇਵ ਛੂਟੈ ਫਿਰਿ ਫਾਸ ਨ ਪਾਇ ॥ ੩੯ ॥ [ਪੰਨਾ ੯੩੫]

ਪਦ ਅਰਥ :—ਕਊਆ—ਮੂਰਖ, ਕਾਲੀਆਂ ਕਰਤੂਤਾਂ ਵਾਲਾ ਮਨੁੱਖ। ਆਖੀ—ਅੱਖਾਂ ਨਾਲ। ਜਮ ਜਾਲਿ—ਮੌਤ ਦੇ ਜਾਲ ਵਿਚ, ਮੌਤ ਲਿਆਉਣ ਵਾਲੇ ਜਾਲ ਵਿਚ। ਇਕ ਰੰਗਿ—ਇਕ ਗੋਪਾਲ ਦੇ ਪਿਆਰ ਵਿਚ। ਇਵ—ਇਸ ਤਰ੍ਹਾਂ।

ਅਰਥ :—ਕਾਲੀਆਂ ਕਰਤੂਤਾਂ ਵਾਲਾ ਮਨੁੱਖ ਮੁੜ ਮੁੜ ਫਾਹੀ ਵਿਚ ਫਸਦਾ ਹੈ, (ਫਸ ਕੇ) ਫਿਰ ਪਛੁਤਾਂਦਾ ਹੈ ਕਿ ਇਹ ਕੀਹ ਹੋ ਗਿਆ; ਫਸਿਆ ਹੋਇਆ ਭੀ (ਫਾਹੀ ਵਿਚ ਫਸਾਣ ਵਾਲਾ) ਚੋਗਾ ਹੀ ਚੁਗੀ ਜਾਂਦਾ ਹੈ ਤੇ ਹੋਸ਼ ਨਹੀਂ ਕਰਦਾ। ਜੇ ਸਤਿਗੁਰੂ (ਇਸ ਨੂੰ) ਮਿਲ ਪਏ, ਤਾਂ ਅੱਖੀਂ (ਅਸਲ ਗੱਲ) ਦਿੱਸ ਪੈਂਦੀ ਹੈ। ਜਿਵੇਂ ਮੱਛੀ ਮੌਤ ਲਿਆਉਣ ਵਾਲੇ ਜਾਲ ਵਿਚ ਵਸ ਜਾਂਦੀ ਹੈ (ਤਿਵੇਂ ਜੀਵ ਆਤਮਕ ਮੌਤ ਲਿਆਉਣ ਵਾਲੇ ਪਾਪਾਂ ਵਿਚ ਫਸਦਾ ਹੈ)। (ਹੇ ਪਾਂਡੇ! ਗੋਪਾਲ ਦੇ ਨਾਮ ਦੀ) ਦਾਤਿ ਦੇਣ ਵਾਲੇ ਗੁਰੂ ਤੋਂ ਬਿਨਾ (ਇਸ ਫਾਹੀ ਵਿਚੋਂ) ਛੁਟਕਾਰਾ (ਭੀ) ਨਾਂਹ ਲੱਭ (ਭਾਵ, ਨਹੀਂ ਲੱਭਦਾ)। (ਇਸ ਫਾਹੀ ਵਿਚ ਫਸਿਆ ਜੀਵ) ਮੁੜ ਮੁੜ ਜੰਮਦਾ ਤੇ ਮਰਦਾ ਹੈ। ਜੋ ਜੀਵ ਇਕ ਗੋਪਾਲ ਦੇ ਪਿਆਰ ਵਿਚ ਜੁੜਦਾ ਹੈ ਤੇ ਸੁਰਤਿ ਲਾਈ ਰੱਖਦਾ ਹੈ; ਉਹ ਇਸ ਤਰ੍ਹਾਂ ਵਿਕਾਰਾਂ ਦੀ ਫਾਹੀ ਵਿਚੋਂ ਨਿਕਲ ਜਾਂਦਾ ਹੈ, ਤੇ ਫਿਰ ਉਸ ਨੂੰ ਫਾਹੀ ਨਹੀਂ ਪੈਂਦੀ। ੩੯।

ਬੀਰਾ ਬੀਰਾ ਕਰਿ ਰਹੀ ਬੀਰ ਭਏ ਬੈਰਾਇ ॥ ਬੀਰ ਚਲੇ ਘਰਿ

ਆਪਣੈ ਬਹਿਣ ਬਿਰਹਿ ਜਲਿ ਜਾਇ ॥ ਬਾਬਲੁ ਕੈ ਘਰਿ ਬੇਟੜੀ ਬਾਲੀ ਬਾਲੈ ਨੇਹਿ ॥ ਜੇ ਲੋੜਹਿ ਵਰੁ ਕਾਮਣੀ ਸਤਿਗੁਰੁ ਸੇਵਹਿ ਤੇਹਿ ॥ ਬਿਰਲੋ ਗਿਆਨੀ ਬੂਝਣਉ ਸਤਿਗੁਰੁ ਸਾਚਿ ਮਿਲੇਇ ॥ ਠਾਕੁਰ ਹਾਥਿ ਵਡਾਈਆ ਜੈ ਭਾਵੈ ਤੈ ਦੇਇ ॥ ਬਾਣੀ ਬਿਰਲਉ ਬੀਚਾਰਸੀ ਜੇ ਕੋ ਗੁਰਮੁਖਿ ਹੋਇ ॥ ਇਹ ਬਾਣੀ ਮਹਾ ਪੁਰਖ ਕੀ ਨਿਜ ਘਰਿ ਵਾਸਾ ਹੋਇ ॥੪੦॥ [੯੩੫]

ਪਦ ਅਰਥ :–ਬੀਰਾ–ਹੇ ਵੀਰ ! ਬੈਰਾਇ–ਬਿਗਾਨੇ, ਓਪਰੇ । ਬਹਿਣ–ਭੈਣ, ਇਹ ਕਾਇਆਂ । ਬਿਰਹਿ–ਵਿਛੋੜੇ ਵਿਚ । ਬਾਬੁਲ–ਪਿਉ । ਕੈ ਘਰਿ–ਦੇ ਘਰ ਵਿਚ । ਬਾਬੁਲ ਕੈ ਘਰਿ–ਪੇਕੇ ਘਰ ਵਿਚ, ਇਸ ਜਗਤ ਵਿਚ । ਬੇਟੜੀ–ਅੰਞਾਣ ਧੀ । ਬਾਲੀ ਬਾਲੈ ਨੇਹਿ–ਗੁੱਡੀ ਗੁੱਡਿਆਂ ਦੇ ਪਿਆਰ ਵਿਚ । ਨੇਹਿ–ਪਿਆਰ ਵਿਚ । ਹਿਤੇਹਿ–ਹਿਤ ਨਾਲ । ਕਾਮਣੀ–ਹੇ (ਜੀਵ-) ਇਸਤ੍ਰੀ ! ਬੂਝਣਉ–ਸਮਝ ਵਾਲਾ । ਸਾਚਿ–ਸੱਚੇ ਪ੍ਰਭੂ ਦੀ ਰਾਹੀਂ, ਗੋਪਾਲ ਦੀ ਕਿਰਪਾ ਨਾਲ । ਮਹਾ ਪੁਰਖ–ਸਤਿਗੁਰੂ । ਨਿਜ ਘਰਿ–ਆਪਣੇ ਘਰ ਵਿਚ । ਗਿਆਨੀ–ਗਿਆਨਵਾਨ, ਜਿਸ ਨੇ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਲਈ ਹੈ । ਵਡਾਈਆ–ਗੁਣ ਗਾਉਣੇ ।

ਅਰਥ :–(ਹੇ ਪਾਂਡੇ !) ਇਹ ਕਾਇਆਂ (ਜੀਵਾਤਮਾ ਨੂੰ) 'ਵੀਰ ਵੀਰ' ਆਖਦੀ ਰਹਿ ਜਾਂਦੀ ਹੈ (ਪਰ ਮੌਤ ਆਇਆਂ) ਵੀਰ ਹੋਰੀ ਬਿਗਾਨੇ ਹੋ ਜਾਂਦੇ ਹਨ, ਵੀਰ ਹੋਰੀ (ਪਰਲੋਕ ਵਿਚ ਆਪਣੀ ਘਰ ਵਿਚ ਚਲੇ ਜਾਂਦੇ ਹਨ ਤੇ ਭੈਣ (ਕਾਇਆਂ) ਵਿਛੋੜੇ ਵਿਚ (ਭਾਵ, ਮੌਤ ਆਉਣ ਤੇ) ਸੜ ਜਾਂਦੀ ਹੈ । (ਫਿਰ ਭੀ ਇਹ) ਅੰਞਾਣ (ਕਾਇਆਂ) ਬੱਚੀ ਪਿਉ ਦੇ ਘਰ ਵਿਚ ਰਹਿੰਦੀ ਹੋਈ ਗੁੱਡੀਆਂ ਗੁੱਡਿਆਂ ਦੇ ਪਿਆਰ ਵਿਚ ਹੀ ਲੱਗੀ ਰਹਿੰਦੀ ਹੈ (ਭਾਵ, ਸਰੀਰ ਤੇ ਜਿੰਦ ਦਾ ਮੇਲ ਚਾਰ ਦਿਨ ਦਾ ਜਾਣਦਿਆਂ ਭੀ ਜੀਵ ਦੁਨੀਆਂ ਦੇ ਪਦਾਰਥਾਂ ਵਿਚ ਹੀ ਮਸਤ ਰਹਿੰਦਾ ਹੈ) । (ਜਿੰਦ ਨੂੰ ਇਹ ਸਿੱਖਿਆ ਦੇਣੀ ਚਾਹੀਦੀ ਹੈ ਕਿ) ਹੇ (ਜੀਵ-) ਇਸਤ੍ਰੀ ! ਜੇ ਪਤੀ (-ਪ੍ਰਭੂ) ਨੂੰ ਮਿਲਣਾ ਚਾਹੁੰਦੀ ਹੈਂ ਤਾਂ ਪਿਆਰ ਨਾਲ ਸਤਿਗੁਰੂ ਦੇ ਦੱਸੇ ਰਾਹ ਤੇ ਤੁਰ ।

ਜਿਸ ਜੀਵ ਨੂੰ ਗੋਪਾਲ ਦੀ ਕਿਰਪਾ ਨਾਲ ਸਤਿਗੁਰੂ ਮਿਲਦਾ ਹੈ ਉਹ (ਇਸ ਗੱਲ ਨੂੰ) ਸਮਝਦਾ ਹੈ । ਪਰ ਕੋਈ ਵਿਰਲਾ ਮਨੁੱਖ ਹੀ ਇਹ ਸੂਝ ਹਾਸਲ ਕਰਦਾ ਹੈ ।

ਗੋਪਾਲ-ਪ੍ਰਭੂ ਦੇ ਗੁਣ ਗਾਉਣੇ ਗੋਪਾਲ ਦੇ ਆਪਣੇ ਹਥ ਵਿਚ ਹਨ, (ਇਹ ਦਾਤਿ ਉਹ) ਉਸ ਨੂੰ ਦੇਂਦਾ ਹੈ ਜੋ ਉਸ ਨੂੰ ਭਾਉਂਦਾ ਹੈ । ਕੋਈ ਵਿਰਲਾ ਗੁਰਮੁਖ ਸਤਿਗੁਰੂ ਦੀ ਬਾਣੀ ਨੂੰ ਵਿਚਾਰਦਾ ਹੈ; ਇਹ ਬਾਣੀ ਸਤਿਗੁਰੂ ਦੀ (ਐਸੀ) ਹੈ ਕਿ (ਇਸ ਦੀ ਵਿਚਾਰ ਨਾਲ) ਮਨੁੱਖ ਸ੍ਵੈ-ਸਰੂਪ ਵਿਚ ਟਿਕ ਜਾਂਦਾ ਹੈ । ੪੦ ।

ਭਨਿ ਭਨਿ ਘੜੀਐ, ਘੜਿ ਘੜਿ ਭਜੈ ॥ ਢਾਹਿ ਉਸਾਰੈ, ਉਸਰੇ

ਢਾਹੈ ॥ ਸਰ ਭਰਿ ਸੋਖੈ, ਭੀ ਭਰਿ ਪੋਖੈ, ਸਮਰਥ ਵੇਪਰਵਾਹੈ ॥ ਭਰਮਿ ਭੁਲਾਨੇ ਭਏ ਦਿਵਾਨੇ, ਵਿਣੁ ਭਾਗਾ ਕਿਆ ਪਾਈਐ ॥ ਗੁਰਮੁਖਿ ਗਿਆਨੁ ਡੋਰੀ ਪ੍ਰਭਿ ਪਕੜੀ, ਜਿਨ ਖਿੰਚੈ ਤਿਨ ਜਾਈਐ ॥ ਹਰਿ ਗੁਣ ਗਾਇ ਸਦਾ ਰੰਗਿ ਰਾਤੇ, ਬਹੁੜਿ ਨ ਪਛੋਤਾਈਐ ॥ ਭਭੈ ਭਾਲਹਿ ਗੁਰਮੁਖਿ ਬੂਝਹਿ, ਤਾ ਨਿਜ ਘਰਿ ਵਾਸਾ ਪਾਈਐ ॥ ਭਭੈ ਭਉਜਲ ਮਾਰਗੁ ਵਿਖੜਾ, ਆਸ ਨਿਰਾਸਾ ਤਰੀਐ ॥ ਗੁਰਪਰਸਾਦੀ ਆਪੋ ਚੀਨੈ, ਜੀਵਤਿਆ ਇਵ ਮਰੀਐ ॥ ੪੧ ॥ [੯੩੫]

ਪਦ ਅਰਥ :–ਭਨਿ ਭਨਿ–ਮੁੜ ਮੁੜ ਭੰਨ ਕੇ । ਘੜਿ ਘੜਿ–ਫਿਰ ਫਿਰ ਘੜ ਕੇ । ਉਸਰੇ–ਬਣੇ ਹੋਏ । ਸੋਖੈ–ਸੁਕਾਂਦਾ ਹੈ । ਪੋਖੈ–ਨਕਾ-ਨਕ ਭਰਦਾ ਹੈ । ਭਰਮਿ–ਭਰਮ ਵਿਚ । ਕਿਆ ਪਾਈਐ–ਕੁਝ ਨਹੀਂ ਲੱਭਦਾ । ਪ੍ਰਭਿ–ਪ੍ਰਭੂ ਨੇ । ਜਿਨ–ਜਿਨ੍ਹਾਂ ਨੂੰ । ਜਾਈਐ–(ਲੈ) ਜਾਂਦਾ ਹੈ । ਆਸ ਨਿਰਾਸਾ–ਆਸਾਂ ਵਲੋਂ ਨਿਰਾਸ ਹੋ ਕੇ । ਆਪੋ–ਆਪਣੇ ਆਪ ਨੂੰ । ਇਵ–ਇਸ ਤਰ੍ਹਾਂ ।

ਨੋਟ ! ਹਿੰਦੀ ਅੱਖਰਾਂ ਨੂੰ 'ਪਾ, ਫਾ, ਬਾ, ਭਾ' ਆਦਿਕ ਆਖ ਕੇ ਉਚਾਰੀਦਾ ਹੈ, ਤੇ ਗੁਰਮੁਖੀ ਅੱਖਰਾਂ ਨੂੰ 'ਪੱਪਾ, ਫੱਫਾ, ਬੱਬਾ, ਭੱਭਾ' ਆਖ ਕੇ । ਗੁਰੂ ਨਾਨਕ ਸਾਹਿਬ 'ਭੱਭਾ' ਵਰਤ ਰਹੇ ਹਨ, ਜਿਸ ਤੋਂ ਜ਼ਾਹਰ ਹੈ ਕਿ ਉਹ ਆਪਣੀ ਬਾਣੀ ਹਿੰਦੀ ਜਾਂ ਉਰਦੂ ਅੱਖਰਾਂ ਵਿਚ ਨਹੀਂ ਲਿਖ ਰਹੇ ਸਨ ।

ਅਰਥ :–(ਇਹ ਜਗਤ ਦੀ ਬਣਤਰ) ਮੁੜ ਮੁੜ ਭੱਜਦੀ ਹੈ ਤੇ ਘੜੀਦੀ ਹੈ, ਮੁੜ ਮੁੜ ਘੜੀਦੀ ਹੈ ਤੇ ਭੱਜਦੀ ਹੈ । (ਉਹ ਗੋਪਾਲ ਇਸ ਸੰਸਾਰ-) ਸਰੋਵਰ ਨੂੰ ਭਰ ਕੇ ਸੁਕਾ ਦੇਂਦਾ ਹੈ, ਫਿਰ ਹੋਰ ਨਕਾ-ਨਕ ਭਰਦਾ ਹੈ । ਉਹ ਗੋਪਾਲ ਪ੍ਰਭੂ ਸਭ ਕੁਝ ਕਰਨ-ਜੋਗਾ ਹੈ, ਵੇਪਰਵਾਹ ਹੈ ।

(ਹੇ ਪਾਂਡੇ ! ਉਸ ਗੋਪਾਲ-ਪ੍ਰਭੂ ਨੂੰ ਭੁਲਾ ਕੇ)ਜੋ ਜੀਵ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਹੋਏ ਹਨ ਉਹ (ਮਾਇਆ ਪਿਛੇ ਹੀ) ਕਮਲੇ ਹੋਏ ਪਏ ਹਨ, (ਉਹਨਾਂ ਨੂੰ) ਭਾਗਾਂ ਤੋਂ ਬਿਨਾ (ਉਸ ਵੇਪਰਵਾਹ ਦੀ ਸਿਫ਼ਤਿ ਸਾਲਾਹ ਵਜੋਂ) ਕੁਝ ਨਹੀਂ ਮਿਲਦਾ । ਸਤਿ-ਗੁਰੂ ਦੀ ਗਿਆਨ-ਰੂਪ ਡੋਰੀ ਪ੍ਰਭੂ ਨੇ (ਆਪਣੇ) ਹੱਥ ਵਿਚ ਫੜੀ ਹੋਈ ਹੈ; ਜਿਨ੍ਹਾਂ ਨੂੰ (ਇਸ ਡੋਰੀ ਨਾਲ ਆਪਣੇ ਵਲ) ਖਿੱਚਦਾ ਹੈ ਉਹ (ਉਸ ਵਲ) ਤੁਰ ਪੈਂਦੇ ਹਨ (ਭਾਵ, ਜਿਨ੍ਹਾਂ ਉਤੇ ਗੋਪਾਲ-ਪ੍ਰਭੂ ਮਿਹਰ ਕਰਦਾ ਹੈ ਉਹ ਗੁਰੂ ਦੇ ਦੱਸੇ ਰਾਹ ਤੇ ਤੁਰ ਕੇ ਉਸ ਦੇ ਚਰਨਾਂ ਵਿਚ ਜੁੜਦੇ ਹਨ) ਉਹ ਪ੍ਰਭੂ ਦੇ ਗੁਣ ਗਾ ਕੇ ਉਸ ਦੇ ਪਿਆਰ ਵਿਚ ਮਸਤ ਰਹਿੰਦੇ ਹਨ, ਮੁੜ ਉਹਨਾਂ ਨੂੰ ਪਛੁਤਾਣਾ ਨਹੀਂ ਪੈਂਦਾ, ਉਹ (ਪ੍ਰਭੂ ਦੀ ਹੀ) ਭਾਲ ਕਰਦੇ

ਹਨ। (ਜਦੋਂ) ਸਤਿਗੁਰੂ ਦੀ ਰਾਹੀਂ (ਰਸਤਾ) ਸਮਝ ਲੈਂਦੇ ਹਨ ਤਾਂ ਆਪਣੇ (ਅਸਲ) ਘਰ ਵਿਚ ਟਿਕ ਜਾਂਦੇ ਹਨ (ਭਟਕਣੋਂ ਹਟ ਜਾਂਦੇ ਹਨ)।੪੧।

ਇਹ ਸੰਸਾਰ-ਸਮੁੰਦਰ (ਜੀਵਾਂ ਵਾਸਤੇ) ਔਖਾ ਰਸਤਾ ਹੈ, ਇਸ ਵਿਚੋਂ ਤਦੋਂ ਹੀ ਤਰ ਸਕੀਦਾ ਹੈ ਜੇ (ਦੁਨੀਆਂ ਵਾਲੀਆਂ) ਆਸਾਂ ਬਨਾਣੀਆਂ ਛੱਡ ਦੇਈਏ, ਸਤਿਗੁਰੂ ਦੀ ਮੇਹਰ ਨਾਲ ਆਪਣੇ ਆਪ ਨੂੰ (ਆਪਣੇ ਅਸਲੇ ਨੂੰ) ਪਛਾਣੀਏ; ਇਸ ਤਰ੍ਹਾਂ ਜੀਊਂਦਿਆਂ ਮਰ ਜਾਈਦਾ ਹੈ(ਭਾਵ, ਇਸੇ ਜੀਵਨ ਵਿਚ ਹੀ ਮਨ ਵਿਕਾਰਾਂ ਵਲੋਂ ਹਟ ਜਾਂਦਾ ਹੈ)।੪੧।

ਮਾਇਆ ਮਾਇਆ ਕਰਿ ਮੁਏ, ਮਾਇਆ ਕਿਸੈ ਨ ਸਾਥਿ ॥ ਹੰਸੁ ਚਲੈ ਉਠਿ ਡੁਮਣੋ, ਮਾਇਆ ਭੂਲੀ ਆਥਿ ॥ ਮਨੁ ਝੂਠਾ ਜਮਿ ਜੋਹਿਆ, ਅਵਗੁਣ ਚਲਹਿ ਨਾਲਿ ॥ ਮਨ ਮਹਿ ਮਨੁ ਉਲਟੋ ਮਰੈ, ਜੇ ਗੁਣ ਹੋਵਹਿ ਨਾਲਿ ॥ ਮੇਰੀ ਮੇਰੀ ਕਰਿ ਮੁਏ, ਵਿਣੁ ਨਾਵੈ ਦੁਖੁ ਭਾਲਿ ॥ ਗੜ ਮੰਦਰ ਮਹਲਾ ਕਹਾਂ, ਜਿਉ ਬਾਜੀ ਦੀਬਾਣੁ ॥ ਨਾਨਕ ਸਚੇ ਨਾਮ ਵਿਣੁ, ਝੂਠਾ ਆਵਣ ਜਾਣੁ ॥ ਆਪੇ ਚਤੁਰੁ ਸਰੂਪੁ ਹੈ, ਆਪੇ ਜਾਣੁ ਸੁਜਾਣੁ ॥ ੪੨ ॥

[ਪੰਨਾ ੯੩੫]

ਪਦ ਅਰਥ :—ਡੁਮਣੋ—ਦੁਚਿੱਤਾ (ਭਾਵ, ਇਕ ਪਾਸੇ ਇਧਰ ਮਾਇਆ ਵਿਚ ਫਸਿਆ ਪਿਆ ਹੈ, ਦੂਜੇ ਪਾਸੇ ਮੌਤ ਬਦੋ-ਬਦੀ ਲੈ ਜਾ ਰਹੀ ਹੈ) ਨੋਟ: ਫਰੀਦ ਜੀ ਸੂਹੀ ਰਾਗ ਵਿਚ ਲਿਖਦੇ ਹਨ "ਹੰਸੁ ਚਲਸੀ ਡੁਮਣਾ"। ਗੁਰੂ ਨਾਨਕ ਦੇਵ ਜੀ ਦੀ ਤੁਕ "ਹੰਸੁ ਚਲੈ ਉਠਿ ਡੁਮਣੋ" ਨੂੰ ਫਰੀਦ ਜੀ ਦੀ ਤੁਕ ਨਾਲ ਰਲਾਓ। ਇਹ ਲਫ਼ਜ਼ਾਂ ਦੀ ਸਾਂਝ ਸਬਬ ਨਾਲ ਨਹੀਂ ਹੋ ਗਈ। ਗੁਰੂ ਨਾਨਕ ਸਾਹਿਬ ਪਾਸ ਫ਼ਰੀਦ ਜੀ ਦੀ ਬਾਣੀ ਮੌਜੂਦ ਸੀ। ਆਥਿ—ਹੈ। ਭੂਲੀ ਆਥਿ—ਭੁੱਲ ਜਾਂਦੀ ਹੈ, ਸਾਥ ਛੁੱਟ ਜਾਂਦਾ ਹੈ। ਝੂਠਾ—ਝੂਠੇ ਪਦਾਰਥਾਂ ਵਿਚ ਫਸਿਆ ਹੋਇਆ, ਨਾਂਹ ਨਾਲ ਨਿਭਣ ਵਾਲੀ ਮਾਇਆ ਵਿਚ ਫਸਿਆ ਹੋਇਆ। ਜਮਿ—ਜਮ ਨੇ। ਜੋਹਿਆ—ਤੱਕਿਆ, ਤਾੜਨਾ ਕੀਤੀ, ਡਰਾਇਆ। ਉਲਟੋ—ਮਾਇਆ ਵਲੋਂ ਉਲਟ ਕੇ, ਪਰਤ ਕੇ। ਮਰੈ—'ਆਪਾ-ਭਾਵ' ਵਲੋਂ ਮਰਦਾ ਹੈ। ਭਾਲਿ—ਢੂੰਢ ਕੇ,ਵਿਹਾਝ ਕੇ। ਕਹਾ—ਕਿਥੇ ਗਏ? ਸਾਥ ਛੱਡ ਗਏ। ਬਾਜੀ—ਮਦਾਰੀ ਦੀ ਖੇਡ। ਦੀਬਾਣੁ—ਕਚਹਿਰੀ, ਹਕੂਮਤ। ਝੂਠਾ—ਵਿਅਰਥ। ਗੜ੍ਹ—ਕਿਲ੍ਹੇ। ਆਵਣ ਜਾਣੁ—ਆਉਣਾ ਤੇ ਜਾਣਾ, (ਭਾਵ,) ਸਾਰਾ ਜੀਵਨ। ਨੋਟ: ਤੁਕ "ਗੜ ਮੰਦਰ ਮਹਲਾ ਕਹਾ" ਪਾਠਕ ਦੇ ਸਾਹਮਣੇ ਐਮਨਾਬਾਦ ਦਾ ਉਹ ਨਜ਼ਾਰਾ ਲੈ ਆਉਂਦੀ ਹੈ ਜੋ ਗੁਰੂ ਨਾਨਕ ਦੇਵ ਜੀ ਨੇ ਰਾਗ ਆਸਾ ਦੀ ਅਸਟਪਦੀ ਵਿਚ ਇਉਂ ਬਿਆਨ ਕੀਤਾ ਹੈ "ਕਹਾ ਸੁ ਘਰੁ ਦਰੁ ਮੰਡਪ ਮਹਲਾ, ਕਹਾ ਸੁ ਬੰਕ ਸਰਾਈ"। ਕੀ ਇਹ ਬਾਣੀ ਬਾਬਰਵਾਣੀ ਤੋਂ ਪਿਛੋਂ ਕਰਤਾਰਪੁਰੇ ਬੈਠ ਕੇ ਲਿਖੀ ਗਈ ਸੀ?

ਅਰਥ :—(ਬੇਅੰਤ ਜੀਵ) ਮਾਇਆ ਲਈ ਤਰਲੇ ਲੈਂਦੇ ਮਰ ਗਏ, ਪਰ ਮਾਇਆ

ਕਿਸੇ ਦੇ ਨਾਲ ਨਾਂਹ ਨਿਭੀ, ਜਦੋਂ (ਜੀਵ-) ਹੰਸ ਦੁਚਿੱਤਾ ਹੋ ਕੇ (ਮੌਤ ਆਇਆਂ) ਉਠ ਤੁਰਦਾ ਹੈ ਤਾਂ ਮਾਇਆ ਦਾ ਸਾਥ ਛੁੱਟ ਜਾਂਦਾ ਹੈ। ਜੋ ਮਨ ਮਾਇਆ ਵਿਚ ਫਸਿਆ ਹੁੰਦਾ ਹੈ ਉਸ ਨੂੰ ਜਮ ਵਲੋਂ ਤਾੜਨਾ ਹੁੰਦੀ ਹੈ (ਭਾਵ, ਉਹ ਮੌਤ ਦਾ ਨਾਮ ਸੁਣ ਸੁਣ ਕੇ ਡਰਦਾ ਹੈ), (ਮਾਇਆ ਤਾਂ ਇਥੇ ਰਹਿ ਗਈ, ਤੇ ਮਾਇਆ ਦੀ ਖ਼ਾਤਰ ਕੀਤੇ ਹੋਏ) ਅਉਗਣ ਨਾਲ ਤੁਰ ਪੈਂਦੇ ਹਨ।

ਪਰ ਜੇ ਮਨੁੱਖ ਦੇ ਪੱਲੇ ਗੁਣ ਹੋਣ ਤਾਂ ਮਨ ਮਾਇਆ ਵਲੋਂ ਪਰਤ ਕੇ ਆਪਣੇ ਅੰਦਰ ਹੀ ਆਪਾ-ਭਾਵ ਤੋਂ ਮਰ ਜਾਂਦਾ ਹੈ (ਭਾਵ, ਇਸ ਵਿਚ ਮੋਹ ਆਦਿਕ ਵਿਕਾਰ ਨਹੀਂ ਰਹਿ ਜਾਂਦੇ)।

ਪਰਮਾਤਮਾ ਦਾ 'ਨਾਮ' ਭੁਲਾ ਕੇ (ਨਿਰੀ) ਮਾਇਆ ਨੂੰ ਹੀ ਆਪਣੀ ਸਮਝ ਕੇ (ਇਸ ਤਰ੍ਹਾਂ ਸਗੋਂ) ਦੁੱਖ ਵਿਹਾਝ ਕੇ ਹੀ (ਬੇਅੰਤ ਜੀਵ) ਚੱਲੇ ਗਏ; ਕਿਲੇ, ਪੱਕੇ ਘਰ, ਮਹਲ ਮਾੜੀਆਂ ਤੇ ਹਕੂਮਤ (ਸਭ) ਸਾਥ ਛੱਡ ਗਏ, ਇਹ ਤਾਂ (ਮਦਾਰੀ ਦੀ) ਖੇਡ ਹੀ ਸਨ।

ਹੇ ਨਾਨਕ! ਪ੍ਰਭੂ ਦੇ ਨਾਮ ਤੋਂ ਬਿਨਾ ਸਾਰਾ ਜੀਵਨ ਵਿਅਰਥ ਜਾਂਦਾ ਹੈ; (ਪਰ ਜੀਵ ਵਿਚਾਰੇ ਦੇ ਕੀਹ ਵਸਿ? ਇਹ ਬਿ-ਸਮਝ ਹੈ) ਪ੍ਰਭੂ ਆਪ ਹੀ ਸਿਆਣਾ ਹੈ, ਆਪ ਹੀ ਸਭ ਕੁਝ ਜਾਣਦਾ ਹੈ (ਉਹੀ ਸਮਝਾਵੇ ਤਾਂ ਜੀਵ ਸਮਝੇ)। ੪੨।

ਜੋ ਆਵਹਿ ਸੇ ਜਾਹਿ ਫੁਨਿ, ਆਇ ਗਏ ਪਛੁਤਾਹਿ ॥ ਲਖ ਚਉਰਾਸੀਹ ਮੇਦਨੀ, ਘਟੈ ਨ ਵਧੈ ਉਤਾਹਿ ॥ ਸੇ ਜਨ ਉਬਰੇ, ਜਿਨ ਹਰਿ ਭਾਇਆ ॥ ਧੰਧਾ ਮੁਆ, ਵਿਗੂਤੀ ਮਾਇਆ॥ ਜੋ ਦੀਸੈ ਸੋ ਚਾਲਸੀ, ਕਿਸ ਕਉ ਮੀਤੁ ਕਰੇਉ ॥ ਜੀਉ ਸਮਪਉ ਆਪਣਾ, ਤਨੁ ਮਨੁ ਆਗੈ ਦੇਉ ॥ ਅਸਥਿਰੁ ਕਰਤਾ ਤੂ ਧਣੀ, ਤਿਸ ਹੀ ਕੀ ਮੈ ਓਟ ॥ ਗੁਣ ਕੀ ਮਾਰੀ ਹਉ ਮੁਈ, ਸਬਦਿ ਰਤੀ ਮਨਿ ਚੋਟ ॥ ੪੩ ॥ [ਪੰਨਾ ੯੩੬]

ਪਦ ਅਰਥ :—ਫੁਨਿ—ਫਿਰ, ਉਸੇ ਹਾਲਤ ਵਿਚ, ਮਮਤਾ ਵਿਚ ਬੱਧੇ ਹੋਏ ਹੀ। ਮੇਦਨੀ—ਸ੍ਰਿਸ਼ਟੀ। ਉਤਾਹਿ—ਉਪਰ ਨੂੰ। ਉਬਰੇ—ਬਚੇ ਹਨ। ਵਿਗੂਤੀ—ਖੁਆਰ ਹੋਈ। ਵਿਗੂਤੀ ਮਾਇਆ—ਮਾਇਆ ਖ਼ੁਆਰ ਹੁੰਦੀ ਹੈ, ਮਾਇਆ ਉਹਨਾਂ ਨੂੰ ਮੋਹਣ ਵਿਚ ਕਾਮਯਾਬ ਨਹੀਂ ਹੁੰਦੀ। ਸਮਪਉ—ਅਰਪਣ ਕਰਦਿਆਂ। ਆਗੈ ਦੇਉ—ਭੇਟਾ ਰੱਖਾਂ। ਅਸਥਿਰੁ—ਸਦਾ ਕਾਇਮ ਰਹਿਣ ਵਾਲਾ। ਧਣੀ—ਮਾਲਕ। ਹਉ—ਹਉਮੈ। ਸਬਦਿ—ਸ਼ਬਦਿ ਵਿਚ। ਮਨਿ—ਮਨ ਵਿਚ।

ਅਰਥ :—ਜੋ ਜੀਵ (ਮਾਇਆ ਦੀ ਮਮਤਾ ਦੇ ਬੱਧੇ ਹੋਏ ਜਗਤ ਵਿਚ) ਆਉਂਦੇ

ਹਨ ਉਹ (ਇਸ ਮਮਤਾ ਵਿਚ ਫਸੇ ਹੋਏ ਹੀ ਇਥੋਂ) ਜਾਂਦੇ ਹਨ, ਮੁੜ ਜੰਮਦੇ ਮਰਦੇ ਹਨ ਤੇ ਦੁਖੀ ਹੁੰਦੇ ਹਨ; (ਉਹਨਾਂ ਵਾਸਤੇ) ਇਹ ਚੌਰਾਸੀ ਲੱਖ ਜੂਨਾਂ ਵਾਲੀ ਸ੍ਰਿਸ਼ਟੀ ਰਤਾ ਭੀ ਘਟਦੀ ਵਧਦੀ ਨਹੀਂ (ਭਾਵ, ਉਹਨਾਂ ਨੂੰ ਮਮਤਾ ਦੇ ਕਾਰਨ ਚੌਰਾਸੀ ਲੱਖ ਜੂਨਾਂ ਵਿਚੋਂ ਲੰਘਣਾ ਪੈਂਦਾ ਹੈ)। (ਉਹਨਾਂ ਵਿਚੋਂ) ਬਚਦੇ ਸਿਰਫ਼ ਉਹ ਹਨ ਜਿਨ੍ਹਾਂ ਨੂੰ ਪ੍ਰਭੂ ਪਿਆਰਾ ਲੱਗਦਾ ਹੈ (ਕਿਉਂਕਿ ਉਹਨਾਂ ਦੀ ਮਾਇਆ ਪਿੱਛੇ) ਭਟਕਣਾ ਮੁੱਕ ਜਾਂਦੀ ਹੈ, ਮਾਇਆ (ਉਹਨਾਂ ਵਲ ਆਇਆਂ) ਖ਼ੁਆਰ ਹੁੰਦੀ ਹੈ (ਉਹਨਾਂ ਨੂੰ ਮੋਹ ਨਹੀਂ ਸਕਦੀ)।

(ਜਗਤ ਵਿਚ ਤਾਂ) ਜੋ ਭੀ ਦਿੱਸਦਾ ਹੈ ਨਾਸਵੰਤ ਹੈ, ਮੈਂ ਕਿਸ ਨੂੰ ਮਿੱਤਰ ਬਣਾਵਾਂ? (ਸਾਥ ਨਿਬਾਹੁਣ ਵਾਲਾ ਮਿੱਤਰ ਤਾਂ ਸਿਰਫ਼ ਪਰਮਾਤਮਾ ਹੀ ਹੈ, ਉਸ ਦੇ ਅੱਗੇ ਹੀ) ਮੈਂ ਆਪਣੀ ਜਿੰਦ ਅਰਪਣ ਕਰਾਂ ਤੇ ਤਨ ਮਨ ਭੇਟ ਰੱਖਾਂ।

ਹੇ ਕਰਤਾਰ! ਤੂੰ ਹੀ ਸਦਾ ਕਾਇਮ ਰਹਿਣ ਵਾਲਾ ਮਾਲਕ ਹੈਂ। (ਹੇ ਪਾਂਡੇ!) ਮੈਨੂੰ ਕਰਤਾਰ ਦਾ ਹੀ ਆਸਰਾ ਹੈ। ਪ੍ਰਭੂ ਦੇ ਗੁਣ ਗਾਂਵਿਆਂ ਹੀ ਹਉਮੈ ਮਰਦੀ ਹੈ। (ਕਿਉਂਕਿ) ਸਤਿਗੁਰੂ ਦੇ ਸ਼ਬਦ ਵਿਚ ਰੰਗੀਜ ਕੇ ਹੀ ਮਨ ਵਿਚ ਠੋਕਰ (ਲੱਗਦੀ ਹੈ)। ੪੩।

ਰਾਣਾ ਰਾਉ ਨ ਕੋ ਰਹੈ, ਰੰਗੁ ਨ ਤੁੰਗੁ ਫਕੀਰੁ॥ਵਾਰੀ ਆਪੋ ਆਪਣੀ, ਕੋਇ ਨ ਬੰਧੈ ਧੀਰ॥ ਰਾਹੁ ਬੁਰਾ ਭੀਹਾਵਲਾ, ਸਰ ਡੂਗਰ ਅਸਗਾਹ॥ ਮੈ ਤਨਿ ਅਵਗਣ ਝੁਰਿ ਮੁਈ, ਵਿਣੁ ਗੁਣ ਕਿਉ ਘਰਿ ਜਾਹ॥ ਗੁਣੀਆ ਗੁਣ ਲੇ ਪ੍ਰਭ ਮਿਲੇ, ਕਿਉ ਤਿਨ ਮਿਲਉ ਪਿਆਰਿ॥ ਤਿਨ ਹੀ ਜੈਸੀ ਥੀ ਰਹਾਂ, ਜਪਿ ਜਪਿ ਰਿਦੈ ਮੁਰਾਰਿ॥ਅਵਗੁਣੀ ਭਰਪੂਰ ਹੈ, ਗੁਣ ਭੀ ਵਸਹਿ ਨਾਲਿ॥ ਵਿਣੁ ਸਤਿਗੁਰ ਗੁਣ ਨ ਜਾਪਨੀ, ਜਿਚਰੁ ਸਬਦਿ ਨ ਕਰੇ ਬੀਚਾਰੁ॥ ੪੪॥ [ਪੰਨਾ ੯੩੬]

ਪਦ ਅਰਥ :—ਰੰਗੁ—ਰੰਕ, ਕੰਗਾਲ। ਤੁੰਗੁ—ਉੱਚਾ, ਅਮੀਰ। ਕੋਇ ਨ ਬੰਧੈ ਧੀਰ—ਕੋਈ ਕਿਸੇ ਨੂੰ ਧੀਰਜ ਦੇਣ ਜੋਗਾ ਨਹੀਂ। ਭੀਹਾਵਲਾ—ਡਰਾਉਣਾ।ਸਰ—ਸਮੁੰਦਰ। ਅਸਗਾਹ—ਨਾਹ ਗਾਹਿਆ ਜਾਣ ਵਾਲਾ। ਡੂਗਰ—ਪਹਾੜ। ਮੈ ਤਨਿ—ਮੇਰੇ ਸਰੀਰ ਵਿਚ। ਘਰਿ—ਘਰ ਵਿਚ, ਮੰਜ਼ਲ ਤੇ। ਪਿਆਰਿ—ਪਿਆਰਿਆਂ ਨੂੰ। ਅਵਗਣੀ—ਔਗਣਾਂ ਨਾਲ। ਭਰਪੂਰ—ਨਕਾ-ਨਕ ਭਰਿਆ ਹੋਇਆ।ਲੇ—ਲੈ ਕੇ, ਪੱਲੇ ਬੰਨ੍ਹ ਕੇ।ਮੁਰਾਰਿ—ਪ੍ਰਭੂ।

ਅਰਥ :—(ਜਗਤ ਵਿਚ) ਨਾਹ ਕੋਈ ਰਾਣਾ ਨਾਹ ਕੋਈ ਕੰਗਾਲ ਸਦਾ ਜੀਊਂਦਾ ਰਹਿ ਸਕਦਾ ਹੈ; ਨਾਹ ਕੋਈ ਅਮੀਰ ਤੇ ਨਾਹ ਕੋਈ ਫਕੀਰ;ਹਰੇਕ ਆਪੋ ਆਪਣੀ ਵਾਰੀ (ਇਥੋਂ ਤੁਰ ਪੈਂਦਾ ਹੈ) ਕੋਈ ਕਿਸੇ ਨੂੰ ਇਹ ਤਸੱਲੀ ਦੇਣ ਜੋਗਾ ਨਹੀਂ (ਕਿ ਤੂੰ ਸਦਾ ਇਥੇ ਟਿਕਿਆ ਰਹੇਂਗਾ)।

(ਜਗਤ ਦਾ) ਪੈਂਡਾ ਬੜਾ ਔਖਾ ਤੇ ਡਰਾਉਣਾ ਹੈ, (ਇਹ ਇਕ) ਬੇਅੰਤ ਡੂੰਘੇ ਸਮੁੰਦਰ (ਦਾ ਸਫ਼ਰ ਹੈ) ਪਹਾੜੀ ਰਸਤਾ ਹੈ। ਮੇਰੇ ਅੰਦਰ ਤਾਂ ਕਈ ਔਗਣ ਹਨ ਜਿਨ੍ਹਾਂ ਕਰਕੇ ਦੁਖੀ ਹੋ ਰਹੀ ਹਾਂ, (ਮੇਰੇ ਪੱਲੇ ਗੁਣ ਨਹੀਂ ਹਨ) ਗੁਣਾਂ ਤੋਂ ਬਿਨਾ ਕਿਵੇਂ ਮੰਜ਼ਲ ਤੇ ਅੱਪੜਾਂ ? (ਭਾਵ, ਪ੍ਰਭੂ-ਚਰਨਾਂ ਵਿਚ ਜੁੜ ਨਹੀਂ ਸਕਦੀ)।

ਗੁਣਾਂ ਵਾਲੇ ਗੁਣ ਪੱਲੇ ਬੰਨ੍ਹ ਕੇ ਪ੍ਰਭੂ ਨੂੰ ਮਿਲ ਪਏ ਹਨ (ਮੇਰਾ ਭੀ ਚਿੱਤ ਕਰਦਾ ਹੈ ਕਿ) ਉਹਨਾਂ ਪਿਆਰਿਆਂ ਨੂੰ ਮਿਲਾਂ (ਪਰ) ਕਿਵੇਂ (ਮਿਲਾਂ) ? ਜੇ ਪ੍ਰਭੂ ਨੂੰ ਹਿਰਦੇ ਵਿਚ ਸਦਾ ਜਪਾਂ ਤਦੋਂ ਉਹਨਾਂ ਗੁਣੀ ਗੁਰਮੁਖਾਂ ਵਰਗੀ ਹੋ ਸਕਦੀ ਹਾਂ।

(ਮਾਇਆ-ਵੇੜ੍ਹਿਆ ਜੀਵ) ਅਉਗਣਾਂ ਨਾਲ ਨਕਾ-ਨਕ ਭਰਿਆ ਰਹਿੰਦਾ ਹੈ (ਉਂਵ) ਗੁਣ ਭੀ ਉਸ ਦੇ ਅੰਦਰ ਹੀ ਵੱਸਦੇ ਹਨ(ਕਿਉਂਕਿ ਗੁਣੀ ਪ੍ਰਭੂ ਅੰਦਰ ਵੱਸ ਰਿਹਾ ਹੈ), ਪਰ ਸਤਿਗੁਰੂ ਤੋਂ ਬਿਨਾ ਗੁਣਾਂ ਦੀ ਸੂਝ ਨਹੀਂ ਪੈਂਦੀ। (ਤਦ ਤਕ ਨਹੀਂ ਪੈਂਦੀ) ਜਦ ਤਕ ਗੁਰੂ ਦੇ ਸ਼ਬਦ ਵਿਚ ਵੀਚਾਰ ਨਾਂਹ ਕੀਤੀ ਜਾਏ। ੪੪।

ਲਸਕਰੀਆ ਘਰ ਸੰਮ੍ਹਲੇ, ਆਏ ਵਜਹੁ ਲਿਖਾਇ ॥ ਕਾਰ ਕਮਾਵਹਿ ਸਿਰਿ ਧਣੀ, ਲਾਹਾ ਪਲੈ ਪਾਇ ॥ ਲਬੁ ਲੋਭੁ ਬੁਰਿਆਈਆ, ਛੋਡੇ ਮਨਹੁ ਵਿਸਾਰਿ ॥ ਗੜਿ ਦੋਹੀ ਪਾਤਿਸਾਹ ਕੀ, ਕਦੇ ਨ ਆਵੈ ਹਾਰਿ ॥ ਚਾਕਰੁ ਕਹੀਐ ਖਸਮ ਕਾ, ਸਉਹੇ ਉਤਰ ਦੇਇ ॥ ਵਜਹੁ ਗਵਾਏ ਆਪਣਾ ਤਖਤਿ ਨਾ ਬੈਸਹਿ ਸੇਇ ॥ ਪ੍ਰੀਤਮ ਹਥਿ ਵਡਿਆਈਆ, ਜੈ ਭਾਵੈ ਤੈ ਦੇਇ ॥ ਆਪਿ ਕਰੇ ਕਿਸੁ ਆਖੀਐ, ਅਵਰੁ ਨ ਕੋਇ ਕਰੇਇ ॥ ੪੫ ॥ [ਪੰਨਾ ੯੩੬]

ਪਦ ਅਰਥ :—ਲਸਕਰੀਆ—ਸਿਪਾਹੀਆਂ ਨੇ। [ਨੋਟ: ਜਗਤ ਇਕ ਰਣ-ਭੂਮੀ ਹੈ, ਜਿਥੇ ਵਿਕਾਰਾਂ ਨਾਲ ਟਾਕਰਾ ਕਰਨਾ ਪੈਂਦਾ ਹੈ]। ਘਰ—ਡੇਰੇ। ਵਜਹੁ—ਤਨਖ਼ਾਹ, (ਭਾਵ) ਰਿਜ਼ਕ। ਸਿਰਿ—ਸਿਰ ਉਤੇ। ਧਣੀ—ਮਾਲਕ ਦੀ। ਪਲੈ ਪਾਇ—ਹਾਸਲ ਕਰ ਕੇ, ਖੱਟ ਕੇ। ਗੜਿ—ਸਰੀਰ-ਰੂਪ ਕਿਲ੍ਹੇ ਵਿਚ। ਲਬੁ—ਚਸਕਾ। ਦੋਹੀ—ਦੁਹਾਈ, ਰਾਜ, ਹਕੂਮਤ। ਸਉਹੇ—ਸਾਹਮਣੇ। ਤਖਤਿ—ਤਖ਼ਤ ਉਤੇ। ਸੇਇ—ਉਹ ਸਿਪਾਹੀ। ਕਿਸੁ ਆਖੀਐ—ਕਿਸੇ ਹੋਰ ਅੱਗੇ ਪੁਕਾਰ ਨਹੀਂ ਕੀਤੀ ਜਾ ਸਕਦੀ।

ਅਰਥ :—(ਇਸ ਜਗਤ ਰਣ-ਭੂਮੀ ਵਿਚ, ਜੀਵ) ਸਿਪਾਹੀਆਂ ਨੇ (ਸਰੀਰ-ਰੂਪ) ਡੇਰੇ ਮੱਲੇ ਹੋਏ ਹਨ, (ਪ੍ਰਭੂ-ਖਸਮ ਪਾਸੋਂ) ਰਿਜ਼ਕ ਲਿਖਾ ਕੇ (ਇਥੇ) ਆਏ ਹਨ। ਜੋ ਸਿਪਾਹੀ ਹਰਿ-ਨਾਮ ਦੀ ਖੱਟੀ ਖੱਟ ਕੇ ਮਾਲਕ ਦੀ (ਰਜ਼ਾ-ਰੂਪ) ਕਾਰ ਸਿਰ ਤੇ ਕਮਾਂਦੇ ਹਨ ਉਹਨਾਂ ਨੇ ਚਸਕਾ ਲਾਲਚ ਤੇ ਹੋਰ ਵਿਕਾਰ ਮਨ ਵਿਚੋਂ ਕੱਢ ਦਿੱਤੇ ਹਨ। ਜਿਸ (ਜੀਵ-) ਸਿਪਾਹੀ ਨੇ (ਸਰੀਰ-) ਕਿਲ੍ਹੇ ਵਿਚ (ਪ੍ਰਭੂ-) ਪਾਤਸ਼ਾਹ ਦੀ ਦੁਹਾਈ ਪਾਈ ਹੈ

(ਭਾਵ, ਸਿਮਰਨ ਨੂੰ ਹਰ ਵੇਲੇ ਵਸਾਇਆ ਹੈ) ਉਹ (ਕਾਮਾਦਿਕ ਪੰਜਾਂ ਦੇ ਮੁਕਾਬਲੇ ਤੇ) ਕਦੇ ਹਾਰ ਕੇ ਨਹੀਂ ਆਉਂਦਾ ।

(ਪਰ ਜੋ ਮਨੁੱਖ) ਪ੍ਰਭੂ ਮਾਲਕ ਦਾ ਨੌਕਰ (ਭੀ) ਅਖਵਾਏ ਤੇ ਸਾਹਮਣੇ ਜਵਾਬ ਭੀ ਦੇਵੇ (ਭਾਵ, ਉਸ ਦੇ ਹੁਕਮ ਵਿਚ ਨਾਂਹ ਤੁਰੇ) ਉਹ ਆਪਣੀ ਤਨਖ਼ਾਹ ਗਵਾ ਲੈਂਦਾ ਹੈ (ਭਾਵ, ਉਹ ਮੇਹਰ ਤੋਂ ਵਾਂਜਿਆ ਰਹਿੰਦਾ ਹੈ), ਅਜੇਹੇ ਜੀਵ (ਰੱਬੀ) ਤਖ਼ਤ ਉਤੇ ਨਹੀਂ ਬੈਠ ਸਕਦੇ (ਭਾਵ, ਉਸ ਨਾਲ ਇਕ-ਰੂਪ ਨਹੀਂ ਹੋ ਸਕਦੇ) ।

ਪਰ ਪ੍ਰਭੂ ਦੇ ਗੁਣ ਗਾਉਣੇ ਪ੍ਰੀਤਮ-ਪ੍ਰਭੂ ਦੇ ਆਪਣੇ ਹੱਥ ਵਿਚ ਹਨ, ਜੋ ਉਸ ਨੂੰ ਭਾਉਂਦਾ ਹੈ ਉਸ ਨੂੰ ਦੇਂਦਾ ਹੈ, ਕਿਸੇ ਹੋਰ ਦੇ ਅੱਗੇ ਪੁਕਾਰ ਨਹੀਂ ਕੀਤੀ ਜਾ ਸਕਦੀ, ਕਿਉਂਕਿ ਪ੍ਰਭੂ ਆਪ ਹੀ ਸਭ ਕੁਝ ਕਰਦਾ ਹੈ, ਕੋਈ ਹੋਰ ਕੁਝ ਨਹੀਂ ਕਰ ਸਕਦਾ ।੪੫।

ਬੀਜਉ ਸੂਝੈ ਕੋ ਨਹੀ, ਬਹੈ ਦੁਲੀਚਾ ਪਾਇ ॥ ਨਰਕ ਨਿਵਾਰਣੁ ਨਰਹਨਰੁ, ਸਾਚਉ ਸਾਚੈ ਨਾਇ॥ ਵਣੁ ਤ੍ਰਿਣੁ ਢੂਢਤ ਫਿਰਿ ਰਹੀ,ਮਨ ਮਹਿ ਕਰਉ ਬੀਚਾਰੁ ॥ ਲਾਲ ਰਤਨ ਬਹੁ ਮਾਣਕੀ, ਸਤਿਗੁਰ ਹਾਥਿ ਭੰਡਾਰੁ ॥ ਊਤਮੁ ਹੋਵਾ ਪ੍ਰਭੁ ਮਿਲੈ, ਇਕ ਮਨਿ ਏਕੈ ਭਾਇ ॥ ਨਾਨਕ ਪ੍ਰੀਤਮ ਰਸਿ ਮਿਲੇ, ਲਾਹਾ ਲੈ ਪਰਥਾਇ ॥ ਰਚਨਾ ਰਾਚਿ ਜਿਨਿ ਰਚੀ,ਜਿਨਿ ਸਿਰਿਆ ਆਕਾਰੁ ॥ ਗੁਰਮੁਖਿ ਬੇਅੰਤ ਧਿਆਈਐ, ਅੰਤੁ ਨ ਪਾਰਾਵਾਰੁ ॥ ੪੬ ॥

[ਪੰਨਾ ੯੩੬]

ਪਦ ਅਰਥ :—ਬੀਜਉ—ਦੂਜਾ। ਦੁਲੀਚਾ ਪਾਇ—ਆਸਣ ਵਿਛਾ ਕੇ, ਗੱਦੀ ਲਾ ਕੇ। ਨਰਹਨਰੁ—ਪੁਰਖਪਤੀ। ਸਾਚੈ ਨਾਇ—ਸੱਚੇ ਨਾਮ ਦੀ ਰਾਹੀਂ (ਮਿਲਦੀ ਹੈ)। ਵਣੁ—ਜੰਗਲ। ਤ੍ਰਿਣੁ—ਘਾਹ । ਵਣੁ ਤ੍ਰਿਣੁ—ਸਾਰਾ ਜੰਗਲ ਬੇਲਾ। ਫਿਰਿ—ਫਿਰ ਕੇ। ਰਹੀ—ਰਹਿ ਗਈ, ਥੱਕ ਗਈ । ਕਰਉ—ਮੈਂ ਕਰਦੀ ਹਾਂ। ਹਾਥਿ—ਹੱਥ ਵਿਚ। ਏਕੈ ਭਾਇ—ਏਕਾਗ੍ਰ ਹੋ ਕੇ। ਰਸਿ—ਰਸ ਵਿਚ, ਆਨੰਦ ਵਿਚ। ਪਰਥਾਇ—ਪਰ ਥਾਂ ਦਾ। ਪਰਥਾਇ ਲਾਹਾ—ਪਰਲੋਕ ਦੀ ਖੱਟੀ। ਸਿਰਿਆ—ਸਿਰਜਿਆ । ਆਕਾਰੁ—ਜਗਤ ਦਾ ਸਰੂਪ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ।

ਅਰਥ :—ਮੈਨੂੰ ਕੋਈ ਹੋਰ ਦੂਜਾ ਐਸਾ ਨਹੀਂ ਸੁੱਝਦਾ ਜੋ (ਸਦਾ ਲਈ) ਆਸਣ ਵਿਛਾ ਕੇ ਬੈਠ ਸਕੇ (ਭਾਵ, ਜੋ ਸਾਰੇ ਜਗਤ ਦਾ ਅਟੱਲ ਮਾਲਕ ਅਖਵਾ ਸਕੇ); ਜੀਵਾਂ ਦੇ ਨਰਕ ਦੂਰ ਕਰਨ ਵਾਲਾ ਤੇ ਜੀਵਾਂ ਦਾ ਮਾਲਕ ਸਦਾ ਕਾਇਮ ਰਹਿਣ ਵਾਲਾ ਇਕ ਪ੍ਰਭੂ ਹੀ ਹੈ ਜੋ ਨਾਮ (ਸਿਰਮਨ) ਦੀ ਰਾਹੀਂ (ਮਿਲਦਾ) ਹੈ।

(ਉਸ ਪ੍ਰਭੂ ਦੀ ਖ਼ਾਤਰ) ਮੈਂ ਜੰਗਲ-ਬੇਲਾ ਢੂੰਢ ਢੂੰਢ ਕੇ ਥੱਕ ਗ਼ਈ ਹਾਂ, (ਹੁਣ ਜਦੋਂ) ਮੈਂ ਮਨ ਵਿਚ ਸੋਚਦੀ ਹਾਂ (ਤਾਂ ਸਮਝ ਆਈ ਹੈ ਕਿ) ਲਾਲਾਂ ਰਤਨਾਂ ਤੇ ਮੋਤੀਆਂ (ਭਾਵ, ਰੱਬੀ ਗੁਣਾਂ) ਦਾ ਖ਼ਜ਼ਾਨਾ ਸਤਿਗੁਰੂ ਦੇ ਹੱਥ ਵਿਚ ਹੈ; ਜੇ ਮੈਂ ਇਕ-ਮਨ ਹੋ ਕੇ

(ਸਿਮਰਨ ਕਰ ਕੇ) ਸੁੱਧ-ਆਤਮਾ ਹੋ ਜਾਵਾਂ ਤਾਂ ਮੈਨੂੰ ਪ੍ਰਭੂ ਮਿਲ ਪਏ। ਹੇ ਨਾਨਕ ! ਜੋ ਜੀਵ ਪ੍ਰੀਤਮ-ਪ੍ਰਭੂ ਦੇ ਪਿਆਰ ਵਿਚ ਜੁੜੇ ਹੋਏ ਹਨ ਉਹ ਪਰਲੋਕ ਦੀ ਖੱਟੀ ਖੱਟ ਲੈਂਦੇ ਹਨ।

(ਹੇ ਪਾਂਡੇ !) ਜਿਸ (ਪ੍ਰਭੂ) ਨੇ ਰਚਨਾ ਰਚੀ ਹੈ ਜਿਸ ਨੇ ਜਗਤ ਦਾ ਢਾਂਚਾ ਬਣਾਇਆ ਹੈ, ਜੋ ਆਪ ਬੇਅੰਤ ਹੈ, ਜਿਸ ਦਾ ਅੰਤ ਤੇ ਹੱਦ-ਬੰਨਾ ਨਹੀਂ ਪਾਇਆ ਜਾ ਸਕਦਾ, ਉਸ ਨੂੰ ਗੁਰੂ ਦੇ ਦੱਸੇ ਹੋਏ ਰਾਹ ਤੇ ਤੁਰਿਆਂ ਹੀ ਸਿਮਰਿਆ ਜਾ ਸਕਦਾ ਹੈ।੪੬।

ੜਾੜੈ, ਰੂੜਾ ਹਰਿ ਜੀਉ ਸੋਈ॥ਤਿਸੁ ਬਿਨੁ ਰਾਜਾ ਅਵਰੁ ਨ ਕੋਈ॥ ੜਾੜੈ ਗਾਰੁੜੁ ਤੁਮ ਸੁਣਹੁ, ਹਰਿ ਵਸੈ ਮਨ ਮਾਹਿ॥ ਗੁਰ ਪਰਸਾਦੀ ਹਰਿ ਪਾਈਐ, ਮਤੁ ਕੋ ਭਰਮਿ ਭੁਲਾਇ॥ ਸੋ ਸਾਹੁ ਸਾਚਾ, ਜਿਸੁ ਹਰਿ ਧਨੁ ਰਾਸਿ॥ ਗੁਰਮੁਖਿ ਪੂਰਾ, ਤਿਸੁ ਸਾਬਾਸਿ॥ ਰੂੜੀ ਬਾਣੀ ਹਰਿ ਪਾਇਆ, ਗੁਰ ਸਬਦੀ ਬੀਚਾਰਿ॥ ਆਪੁ ਗਇਆ ਦੁਖੁ ਕਟਿਆ,ਹਰਿ ਵਰੁ ਪਾਇਆ ਨਾਰਿ॥ ੪੭॥ [ਪੰਨਾ ੯੩੬]

ਪਦ ਅਰਥ :–ਰੂੜਾ–ਸੁੰਦਰ। ਗਾਰੁੜੁ–(ਮਨ ਰੂਪ) ਸਪ ਨੂੰ ਕੀਲਣ ਵਾਲਾ ਮੰਤ੍ਰ। ਮਤੁ–ਮਤਾਂ। ਰਾਸਿ–ਪੂੰਜੀ। ਗੁਰਮੁਖਿ–ਗੁਰੂ ਦੀ ਰਾਹੀਂ। ਸਾਬਾਸਿ–ਵਡਿਆਈ। ਰੂੜੀ–ਸੁੰਦਰ। ਆਪੁ–ਆਪਾ-ਭਾਵ। ਵਰੁ–ਖਸਮ। ਨਾਰਿ–(ਜੀਵ-) ਇਸਤ੍ਰੀ ਨੇ। [ਨੋਟ ! ਸੰਸਕ੍ਰਿਤ ਵਿਚ ਅੱਖਰ 'ੜਾ' ਨਹੀਂ ਹੈ; ਉਸ ਦਾ ਉਚਾਰਨ ਭੀ 'ੜਾ' ਹੁੰਦਾ। ਗੁਰਮੁਖੀ ਅੱਖਰ ਨੂੰ ਅਸੀ 'ੜਾੜਾ' ਆਖ ਕੇ ਉਚਾਰਦੇ ਹਾਂ। ਗੁਰੂ ਨਾਨਕ ਦੇਵ ਜੀ ਗੁਰਮੁਖੀ ਅੱਖਰ ਵਰਤ ਰਹੇ ਸਨ]।

ਅਰਥ :–ਉਹ ਪ੍ਰਭੂ ਹੀ (ਸਭ ਤੋਂ ਵਧੀਕ) ਸੁੰਦਰ ਹੈ, ਉਸ ਤੋਂ ਬਿਨਾ ਹੋਰ ਕੋਈ (ਭਾਵ, ਉਸ ਦੇ ਬਰਾਬਰ ਦਾ) ਹਾਕਮ ਨਹੀਂ ਹੈ।

(ਹੇ ਪਾਂਡੇ !) ਤੂੰ ਮਨ ਨੂੰ ਵੱਸ ਕਰਨ ਲਈ ('ਗੁਰ-ਸ਼ਬਦ'-ਰੂਪ) ਮੰਤ੍ਰ ਸੁਣ (ਇਸ ਨਾਲ) ਪ੍ਰਭੂ ਮਨ ਵਿਚ ਆ ਵੱਸੇਗਾ। (ਪਰ) ਮਤਾਂ ਕੋਈ ਕਿਸੇ ਭੁਲੇਖੇ ਵਿਚ ਪਏ, (ਕਿ ਪ੍ਰਭੂ ਗੁਰੂ ਤੋਂ ਬਿਨਾ ਪ੍ਰਾਪਤ ਹੋ ਸਕਦਾ ਹੈ) ਪ੍ਰਭੂ (ਤਾਂ) ਗੁਰੂ ਦੀ ਮੇਹਰ ਨਾਲ ਹੀ ਮਿਲਦਾ ਹੈ। ਗੁਰੂ ਹੀ ਸੱਚਾ ਸ਼ਾਹ ਹੈ ਜਿਸ ਦੇ ਪਾਸ ਪ੍ਰਭੂ ਦਾ ਨਾਮ-ਰੂਪ ਪੂੰਜੀ ਹੈ, ਗੁਰੂ ਹੀ ਪੂਰਨ ਪੁਰਖ ਹੈ, ਗੁਰੂ ਨੂੰ ਹੀ ਧੰਨ ਧੰਨ (ਆਖੋ)।

(ਜਿਸ ਕਿਸੇ ਨੂੰ ਮਿਲਿਆ ਹੈ) ਸਤਿਗੁਰੂ ਦੀ ਸੁੰਦਰ ਬਾਣੀ ਦੀ ਰਾਹੀਂ ਹੀ, ਗੁਰੂ ਦੇ ਸ਼ਬਦ ਦੀ ਵਿਚਾਰ ਦੀ ਰਾਹੀਂ ਹੀ ਪ੍ਰਭੂ ਮਿਲਿਆ ਹੈ; (ਗੁਰ-ਸ਼ਬਦ ਦੀ ਰਾਹੀਂ ਜਿਸ ਦਾ) ਆਪਾ-ਭਾਵ ਦੂਰ ਹੋਇਆ ਹੈ (ਹਉਮੈ ਦਾ) ਦੁੱਖ ਕੱਟਿਆ ਗਿਆ ਹੈ ਉਸ ਜੀਵ-ਇਸਤ੍ਰੀ ਨੇ ਪ੍ਰਭੂ-ਖਸਮ ਲੱਭ ਲਿਆ ਹੈ। ੪੭।

ਸੁਇਨਾ ਰੁਪਾ ਸੰਚੀਐ, ਧਨੁ ਕਾਚਾ ਬਿਖੁ ਛਾਰੁ ॥ ਸਾਹੁ ਸਦਾਏ ਸੰਚਿ ਧਨੁ, ਦੁਬਿਧਾ ਹੋਇ ਖੁਆਰੁ ॥ ਸਚਿਆਰੀ ਸਚੁ ਸੰਚਿਆ, ਸਾਚਉ ਨਾਮੁ ਅਮੋਲੁ ॥ ਹਰਿ ਨਿਰਮਾਇਲੁ ਊਜਲੋ, ਪਤਿ ਸਾਚੀ ਸਚੁ ਬੋਲੁ ॥ ਸਾਜਨੁ ਮੀਤੁ ਸੁਜਾਣੁ ਤੂ, ਤੂ ਸਰਵਰੁ ਤੂ ਹੰਸੁ ॥ ਸਾਚਉ ਠਾਕੁਰੁ ਮਨਿ ਵਸੈ, ਹਉ ਬਲਿਹਾਰੀ ਤਿਸੁ ॥ ਮਾਇਆ ਮਮਤਾ ਮੋਹਣੀ, ਜਿਨਿ ਕੀਤੀ ਸੋ ਜਾਣੁ ॥ ਬਿਖਿਆ ਅੰਮ੍ਰਿਤੁ ਏਕੁ ਹੈ, ਬੂਝੈ ਪੁਰਖੁ ਸੁਜਾਣੁ ॥੪੮॥[੯੩੭]

ਪਦ ਅਰਥ :–ਰੁਪਾ–ਚਾਂਦੀ । ਸੰਚੀਐ–ਇਕੱਠਾ ਕਰੀਦਾ ਹੈ। ਬਿਖੁ–ਵਿਹੁ, ਜ਼ਹਰ । ਛਾਰੁ–ਸੁਆਹ, ਵਿਅਰਥ । ਸੰਚਿ–ਇਕੱਠਾ ਕਰ ਕੇ, ਜੋੜ ਕੇ । ਦੁਬਿਧਾ–ਦੁਚਿੱਤਾ-ਪਨ,ਵਿਤਕਰਾ । ਸਚਿਆਰੀ–ਸੱਚ ਦੇ ਵਣਜਾਰਿਆਂ ਨੇ । ਸਚੁ–ਸਦਾ ਥਿਰ ਰਹਿਣ ਵਾਲਾ ਨਾਮ-ਧਨ । ਨਿਰਮਾਇਲੁ–ਪਵਿਤ੍ਰ । ਪਤਿ–ਇੱਜ਼ਤ । ਮਨਿ–(ਜਿਸ ਦੇ) ਮਨ ਵਿਚ । ਤਿਸੁ–ਉਸ (ਜੀਵ-ਹੰਸ) ਤੋਂ । ਜਿਨਿ–ਜਿਸ ਗੋਪਾਲ ਨੇ । ਬਿਖਿਆ–ਮਾਇਆ । ਏਕੁ–ਸਿਰਫ਼ ।

ਅਰਥ :–(ਆਮ ਤੌਰ ਤੇ ਜਗਤ ਵਿਚ) ਸੋਨਾ ਚਾਂਦੀ ਹੀ ਇਕੱਠਾ ਕਰੀਦਾ ਹੈ, ਪਰ ਇਹ ਧਨ ਹੋਛਾ ਹੈ, ਵਿਹੁ (-ਰੂਪ,ਭਾਵ, ਦੁਖਦਾਈ) ਹੈ, ਤੁੱਛ ਹੈ । ਜੋ ਮਨੁੱਖ (ਇਹ) ਧਨ ਜੋੜ ਕੇ (ਆਪਣੇ ਆਪ ਨੂੰ) ਸ਼ਾਹ ਸਦਾਂਦਾ ਹੈ ਉਹ ਮੇਰ-ਤੇਰ ਵਿਚ ਦੁਖੀ ਹੁੰਦਾ ਹੈ।

ਸੱਚੇ ਵਪਾਰੀਆਂ ਨੇ ਸਦਾ ਥਿਰ ਰਹਿਣ ਵਾਲਾ ਨਾਮ-ਧਨ ਇਕੱਠਾ ਕੀਤਾ ਹੈ, ਸੱਚਾ ਅਮੋਲਕ ਨਾਮ ਵਿਹਾਝਿਆ ਹੈ, ਉੱਜਲ ਤੇ ਪਵਿਤ੍ਰ ਪ੍ਰਭੂ (ਦਾ ਨਾਮ ਖੱਟਿਆ ਹੈ), ਉਹਨਾਂ ਨੂੰ ਸੱਚੀ ਇੱਜ਼ਤ ਮਿਲਦੀ ਹੈ (ਪ੍ਰਭੂ ਦਾ) ਸੱਚਾ (ਮਿੱਠਾ ਆਦਰ ਵਾਲਾ) ਬੋਲ (ਮਿਲਦਾ ਹੈ) । (ਹੇ ਪਾਂਡੇ ! ਤੂੰ ਭੀ ਮਨ ਦੀ ਪੱਟੀ ਉਤੇ ਗੋਪਾਲ ਦਾ ਨਾਮ ਲਿਖ ਤੇ ਉਸ ਅੱਗੇ ਇਉਂ ਅਰਦਾਸ ਕਰ–ਹੇ ਪ੍ਰਭੂ !) ਤੂੰ ਹੀ (ਸੱਚਾ) ਸਿਆਣਾ ਸੱਜਣ ਮਿੱਤਰ ਹੈਂ, ਤੂੰ ਹੀ (ਜਗਤ-ਰੂਪ) ਸਰੋਵਰ ਹੈਂ ਤੇ ਤੂੰ ਹੀ (ਇਸ ਸਰੋਵਰ ਦਾ ਜੀਵ-ਰੂਪ ਹੰਸ ਹੈਂ; ਮੈਂ ਸਦਕੇ ਹਾਂ ਉਸ (ਹੰਸ) ਤੋਂ ਜਿਸ ਦੇ ਮਨ ਵਿਚ ਤੂੰ ਸੱਚਾ ਠਾਕੁਰ ਵੱਸਦਾ ਹੈਂ ।

(ਹੇ ਪਾਂਡੇ !) ਉਸ ਗੋਪਾਲ ਨੂੰ ਚੇਤੇ ਰੱਖ ਜਿਸ ਨੇ ਮੋਹਣੀ ਮਾਇਆ ਦੀ ਮਮਤਾ (ਜੀਵਾਂ ਨੂੰ) ਲਾ ਦਿੱਤੀ ਹੈ, ਜਿਸ ਕਿਸੇ ਨੇ ਉਸ ਸੁਜਾਨ ਪੁਰਖ ਪ੍ਰਭੂ ਨੂੰ ਸਮਝ ਲਿਆ ਹੈ, ਉਸ ਲਈ ਸਿਰਫ਼ (ਨਾਮ-) ਅੰਮ੍ਰਿਤ ਹੀ 'ਮਾਇਆ' ਹੈ । ੪੮ ।

ਖਿਮਾ ਵਿਹੂਣੇ ਖਪਿ ਗਏ, ਖੂਹਣਿ ਲਖ ਅਸੰਖ ॥ ਗਣਤ ਨ ਆਵੈ, ਕਿਉ ਗਣੀ, ਖਪਿ ਖਪਿ ਮੁਏ ਬਿਸੰਖ ॥ ਖਸਮੁ ਪਛਾਣੈ ਆਪਣਾ, ਖੂਲੈ,

ਬੰਧੁ ਨ ਪਾਇ ॥ ਸਬਦਿ ਮਹਲੀ, ਖਰਾ ਤੂ, ਖਿਮਾ ਸਚੁ ਸੁਖ ਭਾਇ ॥ ਖਰਚੁ, ਖਰਾ ਧਨੁ, ਧਿਆਨੁ ਤੂ, ਆਪੇ ਵਸਹਿ ਸਰੀਰਿ ॥ ਮਨਿ ਤਨਿ ਮੁਖਿ ਜਾਪੈ ਸਦਾ, ਗੁਣ ਅੰਤਰਿ, ਮਨਿ ਧੀਰ ॥ ਹਉਮੈ ਖਪੈ ਖਪਾਇਸੀ, ਬੀਜਉ ਵਥੁ ਵਿਕਾਰੁ ॥ ਜੰਤ ਉਪਾਇ ਵਿਚਿ ਪਾਇਅਨੁ, ਕਰਤਾ ਅਲਗੁ ਅਪਾਰੁ॥ ੩੯ ॥ [ਪੰਨਾ ੯੩੭]

ਪਦ ਅਰਥ :–ਖੂਹਣਿ–[ਸੰ: अक्षौहिणी ਅਖਯੌਹਿਣੀ–ਇਕ ਬੜੀ ਭਾਰੀ ਸੈਨਾ ਜਿਸ ਵਿਚ ੨੧੮੭੦ ਰਥ, ੨੧੮੭੦ ਹਾਥੀ, ੬੫੬੧੦ ਘੋੜ-ਸੁਆਰ ਅਤੇ ੧੦੯੩੫੦ ਪੈਦਲ ਸਿਪਾਹੀ ਹੋਣ] ਬੇਅੰਤ ਜੀਵ। ਅਸੰਖ–ਅਣਗਿਣਤ। ਕਿਉ ਗਣੀ –ਗਿਣਨ ਦਾ ਕੀਹ ਲਾਭ ? ਗਿਣੇ ਨਹੀਂ ਜਾ ਸਕਦੇ। ਬਿਸੰਖ–ਅਣਗਿਣਤ। ਖੁਲੈ– ਖੁਲ੍ਹ ਜਾਂਦਾ ਹੈ, ਖੁਲ੍ਹੇ ਦਿਲ ਵਾਲਾ ਹੋ ਜਾਂਦਾ ਹੈ। ਬੰਧੁ–ਰੋਕ, ਤੰਗ-ਦਿਲੀ। ਮਹਲੀ– ਮਹਿਲ ਵਾਲਾ, ਟਿਕਾਣੇ ਵਾਲਾ,ਟਿਕਿਆ ਹੋਇਆ। ਤੂ–ਹੇ ਪ੍ਰਭੂ ! ਤੂੰ। ਖਰਾ–ਪਰਗਟ, ਪ੍ਰਤੱਖ, ਅਸਲ ਸਰੂਪ ਵਿਚ। ਸੁਖ ਭਾਇ–ਸੁਖੈਨ ਹੀ। ਖਰਚੁ–ਜ਼ਿੰਦਗੀ ਦੇ ਸਫ਼ਰ ਦੀ ਪੂੰਜੀ। ਵਸਹਿ–ਤੂੰ ਵੱਸਦਾ ਹੈਂ। ਸਰੀਰਿ–(ਉਸ ਦੇ) ਸਰੀਰ ਵਿਚ। ਜਾਪੈ–ਜਪਦਾ ਹੈ। ਅੰਤਰਿ–(ਉਸ ਦੇ) ਅੰਦਰ। ਬੀਜਉ ਵਥੁ–ਦੂਜੀ ਵਸਤ, ਦੂਜੀ ਰਾਸ-ਪੂੰਜੀ। ਵਿਚਿ–(ਹਉਮੈ) ਵਿਚ। ਪਾਇਆਨੁ–ਪਾਏ ਹਨ ਉਸ (ਪ੍ਰਭੂ) ਨੇ। [ਨੋਟ : ਇਸ ਲਫ਼ਜ਼ ਦੀ ਵਿਆਕਰਣ ਅਨੁਸਾਰ ਬਣਤਰ ਸਮਝਣ ਲਈ ਵੇਖੋ ਮੇਰਾ "ਗੁਰਬਾਣੀ ਵਿਆਕਰਨ" ।–ਉਪਾਇਅਨੁ–ਉਸ ਨੇ ਉਪਾਏ ਹਨ। ਲਾਇਅਨੁ–ਉਸ ਨੇ ਲਾਏ ਹਨ। ਖੁਆਇਅਨੁ–ਉਸ ਨੇ ਖੁੰਝਾਏ ਹਨ। ਰਖਿਅਨੁ–ਉਸ ਨੇ ਰੱਖੇ ਹਨ। ਬਖਸਿਅਨੁ– ਉਸ ਨੇ ਬਖ਼ਸ਼ੇ। ਲਫ਼ਜ਼ 'ਪਾਇਅਨੁ' ਅਤੇ 'ਪਾਈਅਨੁ' ਵਿਚ ਫ਼ਰਕ ਚੇਤੇ ਰੱਖਣ-ਜੋਗ ਹੈ। ਪਾਇਅਨੁ–ਉਸ ਨੇ ਪਾਏ। ਪਾਈਅਨੁ–ਉਸ ਨੇ ਪਾਈ। ਉਪਾਈਅਨੁ–ਉਸ ਨੇ ਉਪਾਈ।] ਅਲਗੁ–ਵੱਖਰਾ, ਨਿਰਲੇਪ।

ਅਰਥ:–(ਮੋਹਣੀ ਮਾਇਆ ਦੀ ਮਮਤਾ ਤੋਂ ਪੈਦਾ ਹੋਏ ਵਿਤਕਰੇ ਦੇ ਕਾਰਨ) ਖਿਮਾ-ਹੀਨ ਹੋ ਕੇ ਬੇਅੰਤ, ਲੱਖਾਂ ਅਣਗਿਣਤ ਜੀਵ ਖਪ ਮੁਏ ਹਨ, ਗਿਣੇ ਨਹੀਂ ਜਾ ਸਕਦੇ, ਗਿਣਤੀ ਦਾ ਕੀਹ ਲਾਭ ? ਅਣਗਿਣਤ ਹੀ ਜੀਵ (ਖਿਮਾ-ਵਿਹੂਣੇ ਹੋ ਕੇ)ਖ਼ੁਆਰ ਹੋਏ ਹਨ।

ਜੋ ਮਨੁੱਖ ਆਪਣੇ ਮਾਲਕ-ਪ੍ਰਭੂ ਨੂੰ ਪਛਾਣਦਾ ਹੈ, ਉਹ ਖੁਲ੍ਹੇ ਦਿਲ ਵਾਲਾ ਹੋ ਜਾਂਦਾ ਹੈ, ਤੰਗ-ਦਿਲੀ (ਉਸ ਵਿਚ) ਨਹੀਂ ਰਹਿੰਦੀ, ਗੁਰੂ ਦੇ ਸ਼ਬਦ ਦੀ ਰਾਹੀਂ ਉਹ ਟਿਕ ਜਾਂਦਾ ਹੈ (ਭਾਵ, ਜਿਗਰੇ ਵਾਲਾ ਹੋ ਜਾਂਦਾ ਹੈ); (ਹੇ ਪ੍ਰਭੂ !) ਤੂੰ ਉਸ ਨੂੰ ਪ੍ਰਤੱਖ

ਦਿੱਸ ਪੈਂਦਾ ਹੈਂ, ਖਿਮਾ ਤੇ ਸੱਚ ਉਸ ਨੂੰ ਸੁਖੈਨ ਹੀ ਮਿਲ ਜਾਂਦੇ ਹਨ। (ਹੇ ਪ੍ਰਭੂ !) ਤੂੰ ਹੀ ਉਸ ਦਾ (ਜ਼ਿੰਦਗੀ ਦੇ ਸਫ਼ਰ ਦਾ) ਖ਼ਰਚ ਬਣ ਜਾਂਦਾ ਹੈਂ, ਤੂੰ ਹੀ ਉਸ ਦਾ ਖਰਾ (ਸੱਚਾ) ਧਨ ਹੋ ਜਾਂਦਾ ਹੈਂ, ਤੂੰ ਆਪ ਹੀ ਉਸ ਦਾ ਧਿਆਨ (ਭਾਵ, ਸੁਰਤਿ ਦਾ ਨਿਸ਼ਾਨਾ) ਬਣ ਜਾਂਦਾ ਹੈਂ, ਤੂੰ ਆਪ ਹੀ ਉਸ ਦੇ ਸਰੀਰ ਵਿਚ (ਪ੍ਰਤੱਖ) ਵੱਸਣ ਲੱਗ ਪੈਂਦਾ ਹੈਂ, ਉਹ ਮਨੋਂ ਤਨੋਂ ਮੂੰਹੋਂ ਸਦਾ (ਤੈਨੂੰ ਹੀ) ਜਪਦਾ ਹੈ, ਉਸ ਦੇ ਅੰਦਰ (ਤੇਰੇ) ਗੁਣ ਪੈਦਾ ਹੋ ਜਾਂਦੇ ਹਨ, ਉਸ ਦੇ ਮਨ ਵਿਚ ਧੀਰਜ ਆ ਜਾਂਦੀ ਹੈ।

(ਗੋਪਾਲ ਦੇ ਨਾਮ ਤੋਂ ਬਿਨਾ) ਦੂਜਾ ਪਦਾਰਥ ਵਿਕਾਰ (-ਰੂਪ) ਹੈ, (ਇਸ ਦੇ ਕਾਰਨ) ਜੀਵ ਹਉਮੈ ਵਿਚ ਖਪਦਾ ਖਪਾਂਦਾ ਹੈ। (ਅਚਰਜ ਹੀ ਖੇਡ ਹੈ !) ਕਰਤਾਰ ਨੇ ਜੰਤ ਪੈਦਾ ਕਰ ਕੇ (ਹਉਮੈ) ਵਿਚ ਪਾ ਦਿੱਤੇ ਹਨ, (ਪਰ) ਉਹ ਆਪ ਬੇਅੰਤ ਕਰਤਾਰ ਵੱਖਰਾ ਹੀ ਰਹਿੰਦਾ ਹੈ। ੪੯।

ਸ੍ਰਿਸਟੇ ਭੇਉ ਨ ਜਾਣੈ ਕੋਇ ॥ ਸ੍ਰਿਸਟਾ ਕਰੈ, ਸੁ ਨਿਹਚਉ ਹੋਇ ॥ ਸੰਪੈ ਕਉ, ਈਸਰੁ ਧਿਆਈਐ ॥ ਸੰਪੈ ਪੁਰਬਿ ਲਿਖੇ ਕੀ ਪਾਈਐ ॥ ਸੰਪੈ ਕਾਰਣਿ ਚਾਕਰ ਚੋਰ ॥ ਸੰਪੈ ਸਾਥਿ ਨ ਚਾਲੈ ਹੋਰ ॥ ਬਿਨੁ ਸਾਚੇ, ਨਹੀ ਦਰਗਹ ਮਾਨੁ ॥ ਹਰਿ ਰਸੁ ਪੀਵੈ, ਛੁਟੈ ਨਿਦਾਨਿ ॥੫੦॥ [ਪੰਨਾ ੯੩੭]

ਪਦ ਅਰਥ :—ਸ੍ਰਿਸਟਾ—ਸਿਰਜਣਹਾਰ, ਕਰਤਾਰ। ਭੇਉ—ਭੇਤ। ਨਿਹਚਉ—ਜ਼ਰੂਰ। ਸੰਪੈ—ਧਨ। ਈਸਰੁ—ਪਰਮਾਤਮਾ। ਪੁਰਬਿ—(ਹੁਣ ਤੋਂ) ਪਹਿਲੇ ਸਮੇ ਵਿਚ, ਪੂਰਬਲੇ ਸਮੇ ਵਿਚ, ਹੁਣ ਤਕ ਦੇ ਸਮੇ ਵਿਚ। ਹੋਰ—ਹੋਰ (ਦੀ ਬਣ ਜਾਂਦੀ ਹੈ)। ਨਿਦਾਨਿ--ਅੰਤ ਨੂੰ। ਛੁਟੈ—(ਮਾਇਆ ਦੇ ਮੋਹ ਤੋਂ) ਬਚਦਾ ਹੈ।

ਅਰਥ :—ਕੋਈ ਜੀਵ ਸਿਰਜਣਹਾਰ-ਪ੍ਰਭੂ ਦਾ ਭੇਤ ਨਹੀਂ ਪਾ ਸਕਦਾ (ਤੇ, ਕੋਈ ਉਸ ਦੀ ਰਜ਼ਾ ਵਿਚ ਦਖ਼ਲ ਨਹੀਂ ਦੇ ਸਕਦਾ, ਕਿਉਂਕਿ ਜਗਤ ਵਿਚ) ਜ਼ਰੂਰ ਉਹੀ ਹੁੰਦਾ ਹੈ ਜੋ ਸਿਰਜਣਹਾਰ-ਕਰਤਾਰ ਕਰਦਾ ਹੈ। (ਸਿਰਜਣਹਾਰ ਦੀ ਇਹ ਇਕ ਅਜਬ ਖੇਡ ਹੈ ਕਿ ਆਮ ਤੌਰ ਤੇ ਮਨੁੱਖ) ਧਨ ਦੀ ਖ਼ਾਤਰ ਹੀ ਪਰਮਾਤਮਾ ਨੂੰ ਧਿਆਉਂਦਾ ਹੈ, ਤੇ ਹੁਣ ਤਕ ਦੀ ਕੀਤੀ ਮਿਹਨਤ ਦੇ ਲਿਖੇ ਅਨੁਸਾਰ ਧਨ ਮਿਲ (ਭੀ) ਜਾਂਦਾ ਹੈ। ਧਨ ਦੀ ਖ਼ਾਤਰ ਮਨੁੱਖ ਦੂਜਿਆਂ ਦੇ ਨੌਕਰ (ਭੀ) ਬਣਦੇ ਹਨ, ਚੋਰ (ਭੀ) ਬਣਦੇ ਹਨ (ਭਾਵ,ਚੋਰੀ ਭੀ ਕਰਦੇ ਹਨ)। ਪਰ ਧਨ ਕਿਸੇ ਦੇ ਨਾਲ ਨਹੀਂ ਨਿਭਦਾ,(ਮਰਨ ਤੇ) ਹੋਰਨਾਂ ਦਾ ਬਣ ਜਾਂਦਾ ਹੈ।

ਸਦਾ ਥਿਰ ਰਹਿਣ ਵਾਲੇ ਗੋਪਾਲ (ਦੇ ਨਾਮ) ਤੋਂ ਬਿਨਾ ਉਸ ਦੀ ਹਜ਼ੂਰੀ ਵਿਚ ਆਦਰ ਨਹੀਂ ਮਿਲਦਾ। ਜੋ ਮਨੁੱਖ ਪਰਮਾਤਮਾ ਦੇ ਨਾਮ ਦਾ ਰਸ ਪੀਂਦਾ ਹੈ ਉਹ (ਸੰਪੈ-ਧਨ ਦੇ ਮੋਹ ਤੋਂ) ਅੰਤ ਨੂੰ ਬਚ ਜਾਂਦਾ ਹੈ। ੫੦।

ਹੇਰਤ ਹੇਰਤ ਹੇ ਸਖੀ, ਹੋਇ ਰਹੀ ਹੈਰਾਨੁ ॥ ਹਉ ਹਉ ਕਰਤੀ ਮੈ ਮੁਈ, ਸਬਦਿ ਰਵੈ, ਮਨਿ ਗਿਆਨੁ ॥ ਹਾਰ ਡੋਰ ਕੰਕਨ ਘਣੇ, ਕਰਿ ਥਾਕੀ ਸੀਗਾਰੁ ॥ ਮਿਲਿ ਪ੍ਰੀਤਮ ਸੁਖੁ ਪਾਇਆ, ਸਗਲ ਗੁਣਾ ਗਲਿ ਹਾਰੁ ॥ ਨਾਨਕ ਗੁਰਮੁਖਿ ਪਾਈਐ, ਹਰਿ ਸਿਉ ਪ੍ਰੀਤਿ ਪਿਆਰੁ ॥ ਹਰਿ ਬਿਨੁ ਕਿਨਿ ਸੁਖੁ ਪਾਇਆ, ਦੇਖਹੁ ਮਨਿ ਬੀਚਾਰਿ ॥ ਹਰਿ ਪੜਣਾ, ਹਰਿ ਬੁਝਣਾ, ਹਰਿ ਸਿਉ ਰਖਹੁ ਪਿਆਰੁ ॥ ਹਰਿ ਜਪੀਐ, ਹਰਿ ਧਿਆਈਐ, ਹਰਿ ਕਾ ਨਾਮੁ ਅਧਾਰੁ ॥ ੫੧ ॥ [ਪੰਨਾ ੯੩੭]

ਪਦ ਅਰਥ :-ਹੇਰਤ ਹੇਰਤ-ਵੇਖ ਵੇਖ ਕੇ । ਕਰਤੀ-ਕਰਨ ਵਾਲੀ । ਸਬਦਿ-ਸ਼ਬਦ ਵਿਚ । ਮਨਿ-ਮਨ ਵਿਚ । ਗਿਆਨੁ-ਪ੍ਰਭੂ ਨਾਲ ਜਾਣ ਪਛਾਣ ।ਕੰਕਨ-ਕੰਙਣ । ਘਣੇ-ਬਥੇਰੇ । ਗਲਿ-ਗਲ ਵਿਚ । ਕਿਨਿ-ਕਿਸ ਨੇ ?(ਭਾਵ,) ਕਿਸੇ ਨੇ ਨਹੀਂ । ਬੀਚਾਰਿ-ਵਿਚਾਰ ਕੇ । ਅਧਾਰੁ-ਆਸਰਾ ।

ਅਰਥ :-ਹੇ ਸਖੀ ! (ਇਹ ਗੱਲ) ਵੇਖ ਵੇਖ ਕੇ ਮੈਂ ਹੈਰਾਨ ਹੋ ਰਹੀ ਹਾਂ ਕਿ (ਮੇਰੇ ਅੰਦਰੋਂ) 'ਹਉਂ ਹਉਂ' ਕਰਨ ਵਾਲੀ 'ਮੈਂ' ਮਰ ਗਈ ਹੈ (ਭਾਵ, 'ਹਉਮੈ' ਕਰਨ ਵਾਲੀ ਆਦਤਿ ਮੁੱਕ ਗਈ ਹੈ) । (ਹੁਣ ਮੇਰੀ ਸੁਰਤਿ) ਗੁਰ-ਸ਼ਬਦ ਵਿਚ ਜੁੜ ਰਹੀ ਹੈ, ਤੇ (ਮੇਰੇ) ਮਨ ਵਿਚ ਪ੍ਰਭੂ ਨਾਲ ਜਾਣ-ਪਛਾਣ ਬਣ ਗਈ ਹੈ ।

ਮੈਂ ਬਥੇਰੇ ਹਾਰ ਹਮੇਲਾਂ ਕੰਙਣ (ਪਾ ਪਾ ਕੇ) ਸ਼ਿੰਗਾਰ ਕਰ ਕੇ ਥੱਕ ਚੁਕੀ ਸਾਂ (ਪਰ ਪ੍ਰੀਤਮ ਪ੍ਰਭੂ ਦੇ ਮਿਲਾਪ ਦਾ ਸੁਖ ਨਾਂਹ ਮਿਲਿਆ, ਭਾਵ, ਬਾਹਰਲੇ ਧਾਰਮਿਕ ਉੱਦਮਾਂ ਤੋਂ ਆਨੰਦ ਨਾਂਹ ਲੱਭਾ, ਹੁਣ ਜਦੋਂ 'ਹਉਮੈ' ਮੁਈ) ਪ੍ਰੀਤਮ-ਪ੍ਰਭੂ ਨੂੰ ਮਿਲ ਕੇ ਸੁਖ ਲੱਭਾ ਹੈ (ਉਸ ਦੇ ਗੁਣ ਮੇਰੇ ਹਿਰਦੇ ਵਿਚ ਆ ਵੱਸੇ ਹਨ, ਇਹੀ ਉਸ ਦੇ) ਸਾਰੇ ਗੁਣਾਂ ਦਾ ਮੇਰੇ ਗਲ ਵਿਚ ਹਾਰ ਹੈ (ਕਿਸੇ ਹੋਰ ਹਾਰ ਸਿੰਗਾਰ ਦੀ ਲੋੜ ਨਹੀਂ ਰਹੀ) ।

ਹੇ ਨਾਨਕ ! ਪ੍ਰਭੂ ਨਾਲ ਪ੍ਰੀਤ, ਪ੍ਰਭੂ ਨਾਲ ਪਿਆਰ, ਸਤਿਗੁਰੂ ਦੀ ਰਾਹੀਂ ਹੀ ਪੈ ਸਕਦਾ ਹੈ; ਤੇ, (ਬੇਸ਼ਕ) ਮਨ ਵਿਚ ਵਿਚਾਰ ਕੇ ਵੇਖ ਲਵੋ, (ਭਾਵ, ਤੁਹਾਨੂੰ ਆਪਣੀ ਹੱਡ-ਬੀਤੀ ਹੀ ਦੱਸ ਦੇਵੇਗੀ ਕਿ) ਪ੍ਰਭੂ ਦੇ ਮੇਲ ਤੋਂ ਬਿਨਾ ਕਦੇ ਕਿਸੇ ਨੇ ਸੁਖ ਨਹੀਂ ਲੱਭਾ ।

(ਸੋ, ਹੇ ਪਾਂਡੇ ! ਜੇ ਸੁਖ ਲੱਭਦਾ ਹੈ ਤਾਂ) ਪ੍ਰਭੂ ਦਾ ਨਾਮ ਪੜ੍ਹ, ਪ੍ਰਭੂ ਦਾ ਨਾਮ ਹੀ ਵਿਚਾਰ, ਪ੍ਰਭੂ ਨਾਲ ਹੀ ਪਿਆਰ ਪਾ, (ਜੀਭ ਨਾਲ) ਪ੍ਰਭੂ ਦਾ ਨਾਮ ਜਪੀਏ, (ਮਨ ਵਿਚ) ਪ੍ਰਭੂ ਨੂੰ ਹੀ ਸਿਮਰੀਏ,ਤੇ ਪ੍ਰਭੂ ਦਾ ਨਾਮ ਹੀ (ਜ਼ਿੰਦਗੀ ਦਾ) ਆਸਰਾ (ਬਣਾਈਏ)।

੫੧ ।

ਲੇਖੁ ਨ ਮਿਟਈ ਹੇ ਸਖੀ, ਜੋ ਲਿਖਿਆ ਕਰਤਾਰਿ ॥ ਆਪੇ ਕਾਰਣੁ ਜਿਨਿ ਕੀਆ, ਕਰਿ ਕਿਰਪਾ ਪਗੁ ਧਾਰਿ ॥ ਕਰਤੇ ਹਥਿ ਵਡਿਆਈਆ, ਬੂਝਹੁ ਗੁਰ ਬੀਚਾਰਿ ॥ ਲਿਖਿਆ ਫੇਰਿ ਨ ਸਕੀਐ, ਜਿਉ ਭਾਵੀ ਤਿਉ ਸਾਰਿ ॥ ਨਦਰਿ ਤੇਰੀ ਸੁਖੁ ਪਾਇਆ, ਨਾਨਕ ਸਬਦੁ ਵੀਚਾਰਿ ॥ ਮਨਮੁਖ ਭੂਲੇ ਪਚਿ ਮੁਏ, ਉਬਰੇ ਗੁਰ ਬੀਚਾਰਿ ॥ ਜਿ ਪੁਰਖੁ ਨਦਰਿ ਨ ਆਵਈ, ਤਿਸ ਕਾ ਕਿਆ ਕਰਿ ਕਹਿਆ ਜਾਇ ॥ ਬਲਿਹਾਰੀ ਗੁਰ ਆਪਣੇ, ਜਿਨਿ ਹਿਰਦੈ ਦਿਤਾ ਦਿਖਾਇ ॥੫੨॥ [ਪੰਨਾ ੯੩੭]

ਪਦ ਅਰਥ :—ਲੇਖੁ—(ਹਉਮੈ ਦਾ) ਲੇਖ, ਕੀਤੇ ਕਰਮਾਂ ਅਨੁਸਾਰ ਮਨ ਵਿਚ ਹਉਮੈ ਦੇ ਬਣੇ ਹੋਏ ਸੰਸਕਾਰ। ਕਰਤਾਰਿ—ਕਰਤਾਰ ਨੇ (ਭਾਵ, ਕਰਤਾਰ ਦੀ ਬਣਾਈ ਹੋਈ ਮਰਯਾਦਾ ਵਿਚ)। ਜਿਨਿ—ਜਿਸ (ਕਰਤਾਰ) ਨੇ । ਪਗੁ ਧਾਰਿ—ਪਗੁ ਧਾਰੇ, (ਹਿਰਦੇ ਵਿਚ) ਚਰਨ ਪਾਂਦਾ ਹੈ, ਮਿਲਦਾ ਹੈ। ਵਡਿਆਈਆ—ਪ੍ਰਭੂ ਦੇ ਗੁਣ ਗਾਉਣੇ, ਪ੍ਰਭੂ ਦੀ ਸਿਫਤਿ ਸਾਲਾਹ। ਲਿਖਿਆ—ਹਉਮੈ ਦੇ ਸੰਸਕਾਰ ਜੋ ਸਾਡੇ ਮਨ ਵਿਚ ਉਕਰੇ ਜਾਂਦੇ ਹਨ। ਫੇਰਿ ਨ ਸਕੀਐ—ਪਰਤਾ ਨਹੀਂ ਸਕੀਦੇ। ਸਾਰਿ—ਸੰਭਾਲ। ਜਿ ਪੁਰਖੁ—ਜਿਹੜਾ ਵਿਆਪਕ ਪ੍ਰਭੂ। ਹਿਰਦੈ—ਹਿਰਦੇ ਵਿਚ। ਕਾਰਣੁ—('ਹਉਮੈ' ਲੇਖ ਦਾ) ਸਬੱਬ, (ਭਾਵ, ਪ੍ਰਭੂ-ਚਰਨਾਂ ਤੋਂ ਵਿਛੋੜਾ ਜਿਸ ਕਰਕੇ ਮਨੁੱਖ ਹਉਮੈ ਵਿਚ ਫਸਦਾ ਹੈ)।

ਅਰਥ :—ਹੇ ਸਖੀ! (ਸਾਡੇ ਕੀਤੇ ਕਰਮਾਂ ਅਨੁਸਾਰ, ਹਉਮੈ ਦਾ) ਜੋ ਲੇਖ ਕਰਤਾਰ ਨੇ (ਸਾਡੇ ਮੱਥੇ ਉੱਤੇ) ਲਿਖ ਦਿੱਤਾ ਹੈ ਉਹ (ਸਾਡੀ ਆਪਣੀ ਚਤੁਰਾਈ ਜਾਂ ਹਿੰਮਤ ਨਾਲ) ਮਿਟ ਨਹੀਂ ਸਕਦਾ। (ਇਹ ਲੇਖ ਤਦੋਂ ਮਿਟਦਾ ਹੈ, ਜਦੋਂ) ਜਿਸ ਪ੍ਰਭੂ ਨੇ ਆਪ ਹੀ (ਇਸ ਹਉਮੈ ਦੇ ਲੇਖ ਦਾ) ਸਬੱਬ (ਭਾਵ, ਵਿਛੋੜਾ) ਬਣਾਇਆ ਹੈ ਉਹ ਮਿਹਰ ਕਰ ਕੇ (ਸਾਡੇ ਅੰਦਰ) ਆ ਵੱਸੇ।

ਕਰਤਾਰ ਦੇ ਗੁਣ ਗਾਵਣ ਦੀ ਦਾਤਿ ਕਰਤਾਰ ਦੇ ਆਪਣੇ ਹੱਥ ਵਿਚ ਹੈ; ਗੁਰੂ ਦੇ ਸ਼ਬਦ ਦੀ ਵਿਚਾਰ ਦੀ ਰਾਹੀਂ ਸਮਝਣ ਦਾ ਜਤਨ ਕਰੋ (ਤਾਂ ਸਮਝ ਆ ਜਾਇਗੀ)।

(ਹੇ ਪ੍ਰਭੂ! ਹਉਮੈ ਦੇ) ਜੋ ਸੰਸਕਾਰ (ਸਾਡੇ ਮਨ ਵਿਚ ਸਾਡੇ ਕਰਮਾਂ ਅਨੁਸਾਰ) ਉਕਰੇ ਜਾਂਦੇ ਹਨ ਉਹ (ਸਾਡੀ ਆਪਣੀ ਚਤੁਰਾਈ ਨਾਲ) ਬਦਲੇ ਨਹੀਂ ਜਾ ਸਕਦੇ; ਜਿਵੇਂ ਤੈਨੂੰ ਚੰਗਾ ਲੱਗੇ ਤੂੰ ਆਪ (ਸਾਡੀ) ਸੰਭਾਲ ਕਰ। ਹੇ ਨਾਨਕ! (ਆਖ—) ਗੁਰੂ ਦੇ ਸ਼ਬਦ ਨੂੰ ਵਿਚਾਰ ਕੇ (ਵੇਖ ਲਿਆ ਹੈ ਕਿ ਹੇ ਪ੍ਰਭੂ!) ਤੇਰੀ ਮਿਹਰ ਦੀ ਨਜ਼ਰ ਨਾਲ ਹੀ ਸੁਖ ਮਿਲਦਾ ਹੈ।

ਜਿਹੜੇ ਮਨੁੱਖ ਆਪਣੇ ਮਨ ਦੇ ਪਿੱਛੇ ਤੁਰੇ ਉਹ (ਇਸ ਹਉਮੈ ਦੇ ਗੇੜ ਵਿਚ ਫਸ ਕੇ) ਦੁਖੀ ਹੋਏ। ਬਚੇ ਉਹ ਜੋ ਗੁਰ-ਸ਼ਬਦ ਦੀ ਵਿਚਾਰ ਵਿਚ (ਜੁੜੇ)। (ਮਨੁੱਖ ਦੀ ਆਪਣੀ

ਚਤੁਰਾਈ ਕਰੇ ਭੀ ਕੀਹ ? ਕਿਉਂਕਿ) ਜੋ ਪ੍ਰਭੂ (ਇਹਨਾਂ ਅੱਖਾਂ ਨਾਲ) ਦਿੱਸਦਾ ਹੀ ਨਹੀਂ, ਉਸ ਦੇ ਗੁਣ ਗਾਏ ਨਹੀਂ ਜਾ ਸਕਦੇ। (ਤਾਹੀਏਂ) ਮੈਂ ਆਪਣੇ ਗੁਰੂ ਤੋਂ ਸਦਕੇ ਹਾਂ ਜਿਸ ਨੇ (ਮੈਨੂੰ ਮੇਰੇ) ਹਿਰਦੇ ਵਿਚ ਹੀ (ਪ੍ਰਭੂ) ਵਿਖਾ ਦਿੱਤਾ ਹੈ। ੫੨।

ਪਾਧਾ ਪੜਿਆ ਆਖੀਐ, ਬਿਦਿਆ ਬਿਚਰੈ ਸਹਜਿ ਸੁਭਾਇ ॥ ਬਿਦਿਆ ਸੋਧੈ, ਤਤੁ ਲਹੈ, ਰਾਮ ਨਾਮ ਲਿਵ ਲਾਇ ॥ ਮਨਮੁਖੁ ਬਿਦਿਆ ਬਿਕ੍ਰਦਾ, ਬਿਖੁ ਖਟੇ ਬਿਖੁ ਖਾਇ ॥ ਮੂਰਖੁ ਸਬਦੁ ਨ ਚੀਨਈ, ਸੂਝ ਬੂਝ ਨਹ ਕਾਇ ॥੫੩॥ [ਪੰਨਾ ੯੩੭]

ਪਦ ਅਰਥ :—ਆਖੀਐ—ਕਿਹਾ ਜਾਂਦਾ ਹੈ। ਪੜਿਆ—ਵਿਦਵਾਨ। ਬਿਦਿਆ—ਵਿੱਦਿਆ ਦੀ ਰਾਹੀਂ। ਬਿਚਰੈ—ਵਿਚਰਦਾ ਹੈ, ਜੀਵਨ ਬਿਤੀਤ ਕਰਦਾ ਹੈ। ਸਹਜਿ—ਸਹਿਜ ਵਿਚ, ਅਡੋਲਤਾ ਵਿਚ, ਸ਼ਾਂਤੀ ਵਿਚ। ਸੋਧੈ—(ਆਪਣੇ ਆਪ ਨੂੰ) ਸੋਧਦਾ ਹੈ, (ਆਪਣੇ ਆਪ ਦੀ) ਵਿਚਾਰ ਕਰਦਾ ਹੈ। ਤਤੁ—ਅਸਲੀਅਤ, ਜੀਵਨ ਦਾ ਅਸਲ ਮਨੋਰਥ। ਬਿਕ੍ਰਦਾ—ਵੇਚਦਾ। ਬਿਖੁ—ਵਿਹੁ, ਜ਼ਹਿਰ। ਚੀਨਈ—ਚੀਨੈ, ਸਮਝਦਾ। ਕਾਇ—ਕੋਈ ਭੀ [ਕਾਿਏ]।

ਅਰਥ :—ਉਸ ਪਾਂਧੇ ਨੂੰ ਵਿਦਵਾਨ ਆਖਣਾ ਚਾਹੀਦਾ ਹੈ, ਜਿਹੜਾ ਵਿੱਦਿਆ ਦੀ ਰਾਹੀਂ ਸ਼ਾਂਤੀ ਵਾਲੇ ਸੁਭਾਵ ਵਿਚ ਜੀਵਨ ਬਿਤੀਤ ਕਰਦਾ ਹੈ, ਜਿਹੜਾ ਵਿੱਦਿਆ ਦੀ ਰਾਹੀਂ ਆਪਣੇ ਅਸਲੇ ਦੀ ਵਿਚਾਰ ਕਰਦਾ ਹੈ, ਅਤੇ ਪਰਮਾਤਮਾ ਦੇ ਨਾਮ ਨਾਲ ਸੁਰਤਿ ਜੋੜ ਕੇ ਜੀਵਨ ਦਾ ਅਸਲ ਮਨੋਰਥ ਹਾਸਲ ਕਰ ਲੈਂਦਾ ਹੈ।

(ਪਰ) ਜਿਹੜਾ ਮਨੁੱਖ ਆਪਣੇ ਮਨ ਦੇ ਪਿੱਛੇ ਤੁਰਦਾ ਹੈ, ਉਹ ਵਿੱਦਿਆ ਨੂੰ (ਸਿਰਫ਼) ਵੇਚਦਾ ਹੀ ਹੈ (ਭਾਵ, ਸਿਰਫ਼ ਆਜੀਵਕਾ ਲਈ ਵਰਤਦਾ ਹੈ। ਵਿਦਿਆ ਦੇ ਵੱਟੇ ਆਤਮਕ ਮੌਤ ਲਿਆਉਣ ਵਾਲੀ) ਮਾਇਆ-ਜ਼ਹਿਰ ਹੀ ਖੱਟਦਾ ਕਮਾਂਦਾ ਹੈ। ਉਹ ਮੂਰਖ ਗੁਰੂ ਦੇ ਸ਼ਬਦ ਨੂੰ ਨਹੀਂ ਪਛਾਣਦਾ, ਸ਼ਬਦ ਦੀ ਸੁਧ-ਬੁਧ ਉਸ ਨੂੰ ਰਤਾ ਭੀ ਨਹੀਂ ਹੁੰਦੀ। ੫੩।

ਪਾਧਾ ਗੁਰਮੁਖਿ ਆਖੀਐ, ਚਾਟੜਿਆ ਮਤਿ ਦੇਇ ॥ ਨਾਮੁ ਸਮਾਲਹੁ, ਨਾਮੁ ਸੰਗਰਹੁ, ਲਾਹਾ ਜਗ ਮਹਿ ਲੇਇ ॥ ਸਚੀ ਪਟੀ ਸਚੁ ਮਨਿ, ਪੜੀਐ ਸਬਦੁ ਸੁ ਸਾਰੁ ॥ ਨਾਨਕ ਸੋ ਪੜਿਆ ਸੋ ਪੰਡਿਤੁ ਬੀਨਾ, ਜਿਸੁ ਰਾਮ ਨਾਮੁ ਗਲਿ ਹਾਰੁ ॥੫੪॥੧॥ [ਪੰਨਾ ੯੩੮]

ਪਦ ਅਰਥ :—ਗੁਰਮੁਖਿ—ਗੁਰੂ ਦੇ ਸਨਮੁਖ। ਚਾਟੜਿਆ—ਸ਼ਾਗਿਰਦਾਂ ਨੂੰ। ਸਮਾਲਹੁ—ਚੇਤੇ ਕਰੋ। ਸੰਗਰਹੁ—ਇਕੱਠਾ ਕਰੋ। ਲਾਹਾ—ਲਾਭ, ਨਫ਼ਾ। ਮਨਿ—ਮਨ

ਵਿਚ। ਸਾਰੁ—ਸ੍ਰੇਸ਼ਟ । ਬੀਨਾ—ਵੇਖਣ ਵਾਲਾ, ਸਿਆਣਾ । ਜਿਸੁ ਗਲਿ—ਜਿਸ ਦੇ ਗਲ ਵਿਚ।

ਅਰਥ :—ਉਹ ਪਾਂਧਾ ਗੁਰਮੁਖਿ ਆਖਣਾ ਚਾਹੀਦਾ ਹੈ, (ਉਹ ਪਾਂਧਾ) ਦੁਨੀਆ ਵਿਚ (ਅਸਲ)ਨਫ਼ਾ ਖੱਟਦਾ ਹੈ ਜੋ ਆਪਣੇ ਸ਼ਾਗਿਰਦਾਂ ਨੂੰ ਇਹ ਸਿੱਖਿਆ ਦੇਂਦਾ ਹੈ ਕਿ (ਹੇ ਵਿੱਦਿਆਰਥੀਓ !) ਪ੍ਰਭੂ ਦਾ ਨਾਮ ਜਪੋ ਅਤੇ ਨਾਮ-ਧਨ ਇਕੱਠਾ ਕਰੋ ।

ਸੱਚਾ ਪ੍ਰਭੂ ਮਨ ਵਿਚ ਵੱਸ ਪੈਣਾ—ਇਹੀ ਸੱਚੀ ਪੱਟੀ ਹੈ (ਜੋ ਪਾਂਧਾ ਆਪਣੇ ਚਾਟੜਿਆਂ ਨੂੰ ਪੜ੍ਹਾਏ) । (ਪ੍ਰਭੂ ਨੂੰ ਹਿਰਦੇ ਵਿਚ ਵਸਾਣ ਲਈ) ਸਤਿਗੁਰੂ ਦਾ ਸ੍ਰੇਸ਼ਟ ਸ਼ਬਦ ਪੜ੍ਹਨਾ ਚਾਹੀਦਾ ਹੈ। ਹੇ ਨਾਨਕ ! ਉਹੀ ਮਨੁੱਖ ਵਿਦਵਾਨ ਹੈ ਉਹੀ ਪੰਡਿਤ ਹੈ ਤੇ ਸਿਆਣਾ ਹੈ ਜਿਸ ਦੇ ਗਲ ਵਿਚ ਪ੍ਰਭੂ ਦਾ ਨਾਮ-ਰੂਪ ਹਾਰ ਹੈ (ਭਾਵ, ਜੋ ਹਰ ਵੇਲੇ ਪ੍ਰਭੂ ਨੂੰ ਚੇਤੇ ਰੱਖਦਾ ਹੈ ਤੇ ਹਰ ਥਾਂ ਵੇਖਦਾ ਹੈ) । ੫੪ । ੧ ।

--o--